ਤਫਸੀਰ

ਅਹਸਨ-ਉਲ-ਕਲਾਮ

Printed by: SIP. Int. Pvt. Ltd. Matia Mahal, Jama Masjid Delhi-6.

Ph: +91 9716172647,E-mail: abu.ehtesham@yahoo.com

تفسير احسن الكلام
(باللغة الغورموكية)

ਤਫ਼ਸੀਰ
ਅਹਸਨ-ਉਲ-ਕਲਾਮ
(ਪੰਜਾਬੀ)

ਸਹੀ ਬੁਖ਼ਾਰੀ
ਤਫ਼ਸੀਰ ਇਬਨ-ਏ-ਕਸੀਰ ਅਤੇ ਤਫ਼ਸੀਰ-ਏ-ਕੁਰਤਬੀ 'ਤੇ ਅਧਾਰਿਤ

ਪੰਜਾਬੀ ਅਨੁਵਾਦ
ਆਰਿਫ਼ ਹਲੀਮ

Trust & Determination

ਅਲ-ਕੌਸਰ ਵੈਲਫੇਅਰ ਟ੍ਰੱਸਟ (ਰਜਿ:)
ਮੁਹੱਲਾ ਇਸਲਾਮ ਆਬਾਦ,
ਮੋਤੀ ਬਾਜ਼ਾਰ, ਮਾਲੇਰਕੋਟਲਾ-148023 ਜ਼ਿਲ੍ਹਾ ਸੰਗਰੂਰ (ਪੰਜਾਬ)
ਮੁਹੰਮਦ ਯੂਨਸ 099143-37711
ਡਾ: ਅਬਦੁਲ ਵੱਜਾਨ ਅਨਸਾਰੀ 094630-18512

ਦੋ ਸ਼ਬਦ

ਮਾਨਵ ਜਾਤੀ ਉੱਤੇ ਅੱਲਾਹ ਤਆਲਾ ਵੱਲੋਂ ਸਭ ਤੋਂ ਵੱਡਾ ਅਹਿਸਾਨ ਇਹ ਹੈ ਕਿ ਉਸ ਨੇ ਉਸ ਨੂੰ ਆਪਣੀ ਪਵਿੱਤਰ ਬਾਣੀ ਕੁਰਆਨ ਮਜੀਦ ਰਾਹੀਂ ਸੰਬੋਧਨ ਕੀਤਾ ਅਤੇ ਉਸ ਨੂੰ ਇਨਾ ਵੱਡਾ ਇਨਾਮ ਬਖ਼ਸ਼ਿਆ ਜਿਸ ਉੱਤੇ ਜਿੰਨਾ ਵੀ ਮਾਨ ਕੀਤਾ ਜਾਵੇ ਘਟ ਹੈ। ਪਰ ਅੱਲਾਹ ਤਆਲਾ ਦੀ ਇਸ ਬਾਣੀ ਅਤੇ ਸੰਬੋਧਨ ਨੂੰ ਕੇਵਲ ਉਹੀ ਵਿਅਕਤੀ ਸਮਝ ਸਕਦਾ ਹੈ ਜਿਹੜਾ ਆਪਣੇ ਪਾਲਣਹਾਰ ਦੇ ਇਸ ਵਡਮੁੱਲੇ ਪੈਗ਼ਾਮ ਦੀ ਅਸਲੀ ਰੂਹ ਅਤੇ ਉਸ ਦੇ ਮੂਲ ਮੰਤਵ ਨੂੰ ਸਮਝਦਾ ਤੇ ਜਾਣਦਾ ਹੈ। ਇਸ ਦੀ ਮਿਠਾਸ ਨੂੰ ਮਹਿਸੂਸ ਕਰਦਾ ਹੈ ਅਤੇ ਇਸ ਦੇ ਅਰਥਾਂ ਨੂੰ, ਭਾਵ ਨੂੰ ਅਨੁਵਾਦ ਰਾਹੀਂ ਸਮਝ ਕੇ ਆਪਣੇ ਆਚਾਰ ਤੇ ਵਿਵਹਾਰ, ਕਰਨੀ ਤੇ ਕਥਨੀ ਅਤੇ ਬਖ਼ਸ਼ੇ ਹੋਏ ਜੀਵਨ ਦੇ ਹਰ ਪਲ ਨੂੰ ਸਵਾਰ ਤੇ ਸੁਧਾਰ ਸਕੇ।

ਸ੍ਰਿਸ਼ਟੀ ਦੇ ਰਚਨਾਹਾਰ ਦੇ ਇਸ ਪਵਿੱਤਰ ਕਲਾਮ ਨੂੰ ਸਮਝਣ ਤੇ ਜਾਣਨ ਲਈ .ਕੁਰਆਨ ਦੇ ਅਰਥਾਂ ਦਾ ਗਿਆਨ ਹੋਣਾ ਅਤਿ ਜ਼ਰੂਰੀ ਹੈ ਅਤੇ ਇਸਲਾਮ ਨੂੰ ਇਕ ਧਰਮ ਤੇ ਜੀਵਨ ਪ੍ਰਣਾਲੀ ਵਜੋਂ ਉਸੇ ਸਮੇਂ ਸਮਝਿਆ ਜਾ ਸਕਦਾ ਹੈ ਜਦ .ਕੁਰਆਨ ਦੇ ਅਰਥਾਂ ਅਤੇ ਉਸ ਦੇ ਭਾਵ ਨੂੰ ਸਮਝਿਆ ਜਾਵੇ। ਇਸੇ ਪ੍ਰਕਾਰ ਇਸਲਾਮ ਦਾ ਪ੍ਰਚਾਰ ਤੇ ਪ੍ਰਸਾਰ ਵੀ ਕੁਰਆਨ ਦੇ ਅਰਥਾਂ ਦੇ ਗਿਆਨ ਉੱਤੇ ਹੀ ਨਿਰਭਰ ਹੈ।

'ਦਾਰੁਸ-ਸਲਾਮ' ਦੀਨੀ ਪ੍ਰਚਾਰ ਲਈ ਇਕ ਅੰਤਰ-ਰਾਸ਼ਟਰੀ ਸੰਸਥਾ ਹੈ। ਇਸ ਦੇ ਟੀਚਿਆਂ ਵਿਚੋਂ ਪ੍ਰਮੁਖ ਟੀਚਾ ਕੁਰਆਨ ਦੇ ਪੈਗ਼ਾਮ ਨੂੰ ਆਮ ਲੋਕਾਂ ਤੱਕ ਪਹੁੰਚਦਾ ਕਰਨਾ ਹੈ ਅਤੇ ਆਪਣੇ ਇਸੇ ਟੀਚੇ ਨੂੰ ਮੁੱਖ ਰਖਦੇ ਹੋਏ ਇਹ ਇਦਾਰਾ ਹੁਣ ਤੱਕ ਵਿਸ਼ਵ ਦੀਆਂ 18 ਜਿਊਂਦੀਆਂ ਭਾਸ਼ਾਵਾਂ ਵਿਚ ਕੁਰਆਨ ਦੇ ਅਨੁਵਾਦ ਪ੍ਰਕਾਸ਼ਿਤ ਕਰ ਚੁੱਕਿਆ ਹੈ ਅਤੇ ਆਉਣ ਵਾਲੇ ਕੁਝ ਸਾਲਾਂ ਵਿਚ ਹੀ ਇਸ ਦਾ ਟੀਚਾ ਵਿਸ਼ਵ ਦੀਆਂ 50 ਭਾਸ਼ਾਵਾਂ ਵਿਚ ਕੁਰਆਨ ਦੇ ਅਨੁਵਾਦ ਪ੍ਰਕਾਸ਼ਿਤ ਕਰਨਾ ਹੈ।

ਪੰਜਾਬੀ ਭਾਸ਼ਾ ਭਾਰਤ ਦੀ ਇਕ ਜਿਊਂਦੀ ਭਾਸ਼ਾ ਹੈ, ਜਿਸ ਦੇ ਬੋਲਣ ਤੇ ਪੜ੍ਹਨ ਵਾਲੇ ਕਰੋੜਾਂ ਦੀ ਗਿਣਤੀ ਵਿਚ ਹਨ। ਪੰਜਾਬ ਦੀ ਸਰਕਾਰੀ ਭਾਸ਼ਾ ਵੀ ਪੰਜਾਬੀ ਹੈ। ਪਰ ਹੁਣ ਤਕ ਇਸ ਭਾਸ਼ਾ ਵਿਚ ਇਸਲਾਮੀ ਲਿਟ੍ਰੇਚਰ ਨਾ ਹੋਣ ਦੇ ਬਰਾਬਰ ਹੈ। ਜੋ ਇਸ ਭਾਸ਼ਾ ਵਿਚ ਕੁਰਆਨ ਦਾ ਅਨੁਵਾਦ ਕਰਕੇ ਅਸੀਂ ਅਤਿਅੰਤ ਖ਼ੁਸ਼ੀ ਮਹਿਸੂਸ ਕਰ ਰਹੇ ਹਾਂ।

ਇਸ ਅਹਿਮ ਕੰਮ ਨੂੰ ਪੂਰਾ ਕਰਨ ਲਈ ਸਾਡੇ ਜਿਨ੍ਹਾਂ ਭਰਾਵਾਂ, ਮਿੱਤਰਾਂ ਅਤੇ ਬੁੱਧ ਚਿੰਤਕਾਂ ਨੇ ਸਾਡਾ ਸਹਿਯੋਗ ਕੀਤਾ ਹੈ ਅਸੀਂ ਉਨ੍ਹਾਂ ਦੇ ਅਤਿ ਧੰਨਵਾਦੀ ਹਾਂ। ਵਿਸ਼ੇਸ਼ ਕਰ ਹਾਫ਼ਿਜ਼ ਮੁਹੰਮਦ ਤਾਹਿਰ ਸਾਹਿਬ ਦੇ ਜਿਨ੍ਹਾਂ ਨੇ ਡਾਕਟਰ ਆਬਦੂ ਉੱਧਾਨ ਨਾਲ ਸੰਪਰਕ ਕਰਕੇ ਅਨੁਵਾਦਕ ਆਰਿਫ਼ ਹਲੀਮ ਨਾਲ ਸੰਪਰਕ ਕੀਤਾ। ਅੱਲਾਹ ਤਆਲਾ ਸਾਨੂੰ ਸਾਰਿਆਂ ਨੂੰ ਆਪਣੇ ਦੀਨ ਦੀ ਸੇਵਾ ਕਰਨ ਦਾ ਬਲ ਬਖ਼ਸ਼ੇ। ਆਮੀਨ।

ਪ੍ਰਕਾਸ਼ਕ

ਪਾਠਕਾਂ ਦੇ ਰੂ-ਬ-ਰੂ

ਪੱਵਿਤਰ ਕੁਰਆਨ ਰੱਬ ਸੱਚੇ ਵੱਲੋਂ ਘੱਲਿਆ ਗਿਆ ਉਹ ਆਖ਼ਰੀ ਤੇ ਮੁਕੰਮਲ ਪੈਗ਼ਾਮ ਹੈ ਜਿਸ ਦਾ ਮੁੱਖ ਉਦੇਸ਼ ਮਨੁੱਖ ਤੇ ਮਨੁੱਖਤਾ ਦੀ ਭਲਾਈ ਹੈ। ਇਹ ਰੱਬੀ ਪੈਗ਼ਾਮ ਇਕ ਪਤਵੰਤੇ ਫ਼ਰਿਸ਼ਤੇ ਜਿਬਰਾਈਲ ਰਾਹੀਂ ਰਮਜ਼ਾਨ ਜਿਹੇ ਮੁਬਾਰਕ ਮਹੀਨੇ ਦੀ ਇਕ ਭਾਗਾਂ ਵਾਲੀ ਰਾਤ, ਅਰਬ ਦੇ ਪ੍ਰਸਿਧ ਸ਼ਹਿਰ ਮੱਕੇ ਦੇ ਵਸਨੀਕ ਹਜ਼ਰਤ ਮੁਹੰਮਦ ਸ: ਦੇ ਦਿਲ ਉੱਤੇ ਉਸ ਸਮੇਂ ਨਾਜ਼ਲ ਹੋਣਾ ਆਰੰਭ ਹੋਇਆ ਜਦੋਂ ਆਪ ਸ: ਚਾਲੀ ਸਾਲਾਂ ਦੇ ਸੀ, ਇੰਜ ਅੱਲਾਹ ਨੇ ਆਪ ਸ: ਨੂੰ ਆਪਣੇ ਉਨ੍ਹਾਂ ਚੋਣਵੇਂ ਬੰਦਿਆਂ ਵਿਚ ਸ਼ਾਮਿਲ ਕਰ ਲਿਆ ਜਿਨ੍ਹਾਂ ਨੂੰ ਨਬੀ, ਰਸੂਲ ਜਾਂ ਪੈਗ਼ੰਬਰ ਕਿਹਾ ਜਾਂਦਾ ਹੈ, ਜਿਨ੍ਹਾਂ ਦਾ ਮੁੱਖ ਉਦੇਸ਼ ਲੋਕ ਨੂੰ ਇੱਕੋ ਇਕ ਰੱਬ ਵਲ ਸੱਦਣਾ ਸੀ। ਇਹ ਪੈਗ਼ੰਬਰ ਸੰਸਾਰ ਦੇ ਹਰ ਖੇਤਰ ਵਿਚ ਲੋੜ ਅਨੁਸਾਰ ਘੱਲੇ ਗਏ। ਭਾਵੇਂ ਕਿ ਇਨ੍ਹਾਂ ਪੈਗ਼ੰਬਰ ਦੀ ਗਿਣਤੀ ਇਕ ਲੱਖ ਚੌਵੀ ਹਜ਼ਾਰ (124000) ਦੱਸੀ ਜਾਂਦੀ ਹੈ ਪਰ ਪਵਿੱਤਰ ਕੁਰਆਨ ਵਿਚ ਕੁੱਲ 25 ਪੈਗ਼ੰਬਰਾਂ ਦੀ ਹੀ ਚਰਚਾ ਕੀਤੀ ਗਈ ਹੈ। ਸਤਿਕਾਰਯੋਗ ਮੁਹੰਮਦ ਸ: ਤੋਂ ਪਹਿਲਾਂ ਜਿੰਨ੍ਹੇ ਵੀ ਪੈਗ਼ੰਬਰ ਆਏ ਉਨ੍ਹਾਂ ਸਭ ਦਾ ਕਾਰਜ ਖੇਤਰ ਇਕ ਵਿਸ਼ੇਸ਼ ਸਮੇਂ ਤੱਕ 'ਤੇ ਇਕ ਵਿਸ਼ੇਸ਼ ਖੇਤਰ ਤੱਕ ਹੀ ਸੀਮਿਤ ਸੀ। ਪਰ ਸਤਿਕਾਰਯੋਗ ਮੁਹੰਮਦ ਸ: ਨੂੰ ਸੰਸਾਰ ਦੀ ਕੁੱਲ ਮਖ਼ਲੂਕ ਲਈ ਆਖ਼ਰੀ ਭਾਵ ਕਿਆਮਤ ਤੱਕ ਦੇ ਲਈ ਪੈਗ਼ੰਬਰ ਬਣਾ ਕੇ ਭੇਜਿਆ ਗਿਆ ਹੈ। ਸੋ ਜਿਹੜਾ ਨਬੀਆਂ ਦਾ ਸਿਲਸਿਲਾ ਸੰਸਾਰ ਦੇ ਸਭ ਤੋਂ ਪਹਿਲੇ ਮਨੁੱਖ ਹਜ਼ਰਤ ਆਦਮ ਤੋਂ ਆਰੰਭ ਹੋਇਆ ਸੀ ਉਸ ਦੀ ਆਖ਼ਰੀ ਤੇ ਅੰਤਿਮ ਕੜੀ ਹਜ਼ਰਤ ਮੁਹੰਮਦ ਸ: ਹਨ। ਭਾਵ ਹੁਣ ਕੋਈ ਵੀ ਹੋਰ ਨਬੀ ਜਾਂ ਰਸੂਲ ਅੱਲਾਹ ਵੱਲੋਂ ਨਹੀਂ ਭੇਜਿਆ ਜਾਵੇਗਾ। ਸੋ ਜਿੱਦਾਂ ਆਪ ਸ: ਅੱਲਾਹ ਦੇ ਆਖ਼ਰੀ ਨਬੀ ਹਨ ਉਸੇ ਤਰ੍ਹਾਂ ਪਵਿੱਤਰ ਕੁਰਆਨ ਵੀ ਅੱਲਾਹ ਦੀ ਆਖ਼ਰੀ ਕਿਤਾਬ ਹੈ ਜਿਸ ਵਿਚ ਮਨੁੱਖ ਨੂੰ ਜੀਵਨ ਦੇ ਹਰ ਖੇਤਰ ਵਿਚ ਅਗਵਾਈ ਕੀਤੀ ਗਈ ਹੈ। ਪਵਿੱਤਰ ਕੁਰਆਨ ਤੋਂ ਪਹਿਲਾਂ ਵੀ ਅੱਲਾਹ ਨੇ ਕਈ ਰਸੂਲਾਂ ਨੂੰ ਆਸਮਾਨੀ ਕਿਤਾਬਾਂ ਆਦਿ ਘੱਲੀਆਂ ਸਨ। ਪਰ ਕੁਰਆਨ ਵਿਚ ਕੇਵਲ ਜ਼ਬੂਰ, ਤੌਰੇਤ ਤੇ ਇੰਜੀਲ ਦੀ ਹੀ ਚਰਚਾ ਕੀਤੀ ਗਈ ਹੈ। ਪਰ ਅੱਜ ਉਨ੍ਹਾਂ ਕਿਤਾਬਾਂ ਵਿੱਚੋ ਬਹੁਤੀਆਂ ਤਾਂ ਅਲੋਪ ਹੋ ਚੁੱਕੀਆਂ ਹਨ ਅਤੇ ਬਾਕੀ ਰਹਿੰਦੀਆਂ ਵਿਚ ਮਨੁੱਖਾਂ ਨੇ ਆਪਣੀਆਂ ਇੱਛਾਵਾਂ ਅਨੁਸਾਰ ਤਬਦੀਲੀਆਂ ਕਰ ਛੱਡੀਆਂ ਹਨ। ਅੱਜ ਇਸ ਧਰਤੀ ਉੱਤੇ ਕੇਵਲ ਪਵਿੱਤਰ ਕੁਰਆਨ ਹੀ ਇੱਕ ਅਜਿਹੀ ਆਸਮਾਨੀ ਕਿਤਾਬ ਹੈ ਜਿਹੜੀ ਆਪਣੀ ਅਸਲੀ ਹਾਲਤ ਵਿਚ ਮੌਜੂਦ ਹੈ। ਭਾਵੇਂ ਕਿ ਪਵਿੱਤਰ ਕੁਰਆਨ ਨੂੰ ਨਾਜ਼ਲ ਹੋਏ ਲੱਗ-ਭੱਗ ਚੌਦਾਂ ਸੌ ਸਾਲ ਤੋਂ ਵੀ ਵੱਧ ਸਮਾਂ ਬੀਤ ਚੁੱਕਿਆ ਹੈ ਪਰ ਨਾ ਤਾਂ ਇਸ ਵਿਚ ਕਿਸੇ ਵੀ ਤਰ੍ਹਾਂ ਦਾ ਕੋਈ ਫੇਰ-ਬਦਲ ਕੀਤਾ ਗਿਆ ਹੈ ਅਤੇ ਨਾ ਹੀ ਕਿਆਮਤ ਤੱਕ ਕੋਈ ਸੋਧ ਹੋ ਸਕਦੀ ਹੈ ਅਤੇ ਨਾ ਹੀ ਉਹ ਕਦੀ ਧਰਤੀ ਤੋਂ ਅਲੋਪ ਹੋ ਸਕਦੀ ਹੈ। ਇਸ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਅੱਲਾਹ ਨੇ ਆਪਣੇ ਜ਼ਿੰਮੇ ਖ਼ੁਦ ਲੈ ਰੱਖੀ ਹੈ।

ਅੱਲਾਹ ਤਆਲਾ ਨੇ ਪਵਿੱਤਰ ਕੁਰਆਨ ਇਕ ਸਮੇਂ ਵਿਚ ਹੀ ਨਾਜ਼ਿਲ ਨਹੀਂ ਕੀਤਾ ਸਗੋਂ ਲੋੜ ਅਨੁਸਾਰ ਥੋੜ੍ਹਾ ਥੋੜ੍ਹਾ ਕਰਕੇ ਨਾਜ਼ਿਲ ਕੀਤਾ ਗਿਆ ਹੈ ਤਾਂ ਜੋ ਇਸ ਨੂੰ ਚੇਤੇ ਰੱਖਣ ਵਿਚ ਵੀ ਅਤੇ ਇਸ ਦੀ ਪਾਲਣਾ ਕਰਨ ਵਿਚ ਵੀ ਆਸਾਨੀ ਹੋਵੇ। ਜਿਵੇਂ ਜਿਵੇਂ ਬਾਣੀ ਉਤਰਦੀ ਸੀ ਓਵੇਂ ਹੀ ਆਪ ਸ: ਅਤੇ ਆਪ ਸ: ਦੇ ਸਾਥੀ ਉਸ ਨੂੰ ਕੰਠ ਕਰ ਲੈਂਦੇ ਅਤੇ ਲਿਖ ਲੈਂਦੇ ਸੀ ਇੰਜ ਕੁਰਆਨ ਦੇ ਮੁਕੰਮਲ ਹੋਣ ਵਿਚ 23 ਸਾਲ ਦਾ ਸਮਾਂ ਲੱਗ ਗਿਆ। ਮੁੱਖ ਕਰਕੇ ਕੁਰਆਨ ਅਰਬ ਦੇ ਦੋ ਸ਼ਹਿਰਾਂ ਵਿਚ ਹੀ ਨਾਜ਼ਿਲ ਹੋਇਆ ਸੀ। ਪਹਿਲੇ 13 ਸਾਲ ਮੱਕੇ ਵਿਖੇ ਨਾਜ਼ਿਲ ਹੋਇਆ। ਪਰ ਜਦੋਂ ਮੱਕੇ ਦੇ ਕਾਫ਼ਿਰਾਂ ਵੱਲੋਂ ਆਪ ਸ: ਤੇ ਆਪ ਜੀ ਦੇ ਸਾਥੀਆਂ ਨੂੰ ਤਸੀਹੇ ਦੇਣ ਵਿਚ ਤੇਜ਼ੀ ਆ ਗਈ ਤਾਂ ਆਪ ਸ: ਅਤੇ ਆਪ ਦੇ ਸਾਥੀਆਂ (ਸਹਾਬੀਆਂ) ਨੇ ਰੱਬੀ ਆਦੇਸ਼ ਅਨੁਸਾਰ ਮੱਕੇ ਤੋਂ ਮਦੀਨੇ ਵਲ ਹਿਜਰਤ ਕੀਤੀ। ਸੋ ਬਾਕੀ ਕੁਰਆਨ ਦਸ ਸਾਲ ਤੱਕ ਭਾਵ ਸਤਿਕਾਰਯੋਗ ਮੁਹੰਮਦ ਸ: ਦੇ ਅਕਾਲ ਚਲਾਣੇ ਤੱਕ ਮਦੀਨੇ ਵਿਖੇ ਨਾਜ਼ਿਲ ਹੋਇਆ। ਇਸ ਲਈ ਜਿਹੜਾ ਕੁਰਆਨ ਦਾ ਭਾਗ ਮੱਕੇ ਵਿਖੇ ਨਾਜ਼ਿਲ ਹੋਇਆ ਉਸ ਨੂੰ ਮੱਕੀ ਅਤੇ ਜਿਹੜਾ ਮਦੀਨੇ ਵਿਖੇ ਨਾਜ਼ਿਲ ਹੋਇਆ ਉਸ ਨੂੰ ਮਦਨੀ ਕਿਹਾ ਜਾਂਦਾ ਹੈ।

ਪਵਿੱਤਰ ਕੁਰਆਨ ਦੇ ਸੰਬੰਧ ਵਿਚ ਇਕ ਧਾਰਨਾ ਇਹ ਵੀ ਬਣੀ ਹੋਈ ਹੈ ਕਿ ਇਹ ਮੁਸਲਮਾਨਾਂ ਦਾ ਧਾਰਮਿਕ ਗ੍ਰੰਥ ਹੈ। ਜਦ ਕਿ ਪਵਿੱਤਰ ਕੁਰਆਨ ਕਿਸੇ ਵੀ ਵਿਸ਼ੇਸ਼ ਵਰਗ ਨੂੰ ਸੰਬੋਧਨ ਨਹੀਂ ਕਰਦਾ, ਸਗੋਂ ਇਹ ਤਾਂ ਸੰਸਾਰ ਦੇ ਹਰ ਵਿਅਕਤੀ ਨੂੰ ਇਕ ਸਮਾਨ ਸੰਬੋਧਨ ਕਰਦਾ ਹੈ। ਜਿੰਦਾਂ ਸੂਰਜ, ਚੰਨ, ਹਵਾ ਅਤੇ ਪਾਣੀ ਆਦਿ ਤੋਂ ਲਾਭ ਉਠਾਉਣ ਦਾ ਹਰ ਵਿਅਕਤੀ ਨੂੰ ਇੱਕੋ ਜਿਹਾ ਅਧਿਕਾਰ ਰਖਦਾ ਹੈ ਉਸੇ ਤਰ੍ਹਾਂ ਪਵਿੱਤਰ ਕੁਰਆਨ ਤੋਂ ਵੀ ਹਰ ਸੂਝਵਾਨ ਵਿਅਕਤੀ ਲਾਭ ਉਠਾਉਣ ਦਾ ਹੱਕ ਰਖਦਾ ਹੈ। ਸੋ ਜਿਹੜਾ ਵੀ ਕੋਈ ਸੰਸਾਰ ਦੀ ਹਕੀਕਤ ਅਤੇ ਆਪਣੇ ਪਾਲਣਹਾਰ ਦੀ ਇੱਛਾ ਤੋਂ ਜਾਣੂ ਹੋਣਾ ਚਾਹੁੰਦਾ ਹੈ ਅਤੇ ਲੋਕ ਪ੍ਰਲੋਕ ਦੀ ਭਲਾਈ ਚਾਹੁੰਦਾ ਹੈ ਉਸ ਵਿਅਕਤੀ ਲਈ ਕੁਰਆਨ ਪਾਕ ਦਾ ਅਧਿਐਨ ਕਰਨਾ ਅਤਿ ਜ਼ਰੂਰੀ ਹੋ ਜਾਂਦਾ ਹੈ। ਜਿਹੜਾ ਵਿਅਕਤੀ ਕੁਰਆਨ ਮਜੀਦ ਉੱਤੇ ਈਮਾਨ ਰਖਦਾ ਹੈ ਅਤੇ ਉਸ ਦੇ ਹੁਕਮਾਂ ਅਨੁਸਾਰ ਆਪਣਾ ਜੀਵਨ ਬਤੀਤ ਕਰਦਾ ਹੈ ਉਸ ਨੂੰ ਮੁਸਲਮਾਨ ਜਾਂ ਅੱਲਾਹ ਦਾ ਆਗਿਆਕਾਰੀ ਕਿਹਾ ਜਾਂਦਾ ਹੈ।

ਪਵਿੱਤਰ ਕੁਰਆਨ ਦਾ ਇਹ ਪੰਜਾਬੀ ਅਨੁਵਾਦ ਮੂਲ ਰੂਪ ਵਿਚ ਦਾਰੁਸ-ਸਲਾਮ ਪਬਲੀਕੇਸ਼ਨ ਵੱਲੋਂ ਪ੍ਰਕਾਸ਼ਿਤ ਕੁਰਆਨ ਦੇ ਉਰਦੂ ਅਨੁਵਾਦ ਅਹਸਨੁਲ ਕਲਾਮ ਦਾ ਪੰਜਾਬੀ ਰੂਪਾਂਤਰ ਹੈ। ਕਿਉਂ ਜੋ ਇਹ ਇਕ ਮਨੁੱਖੀ ਕੋਸ਼ਿਸ਼ ਹੈ ਇਸ ਲਈ ਇਸ ਅਨੁਵਾਦ ਵਿਚ ਘਾਟਾਂ ਅਤੇ ਤਰੁਟੀਆਂ ਦਾ ਹੋਣਾ ਸੁਭਾਵਿਕ ਹੈ। ਇਹ ਤਾਂ ਇਕ ਤੁਛ ਜਿਹੀ ਕੋਸ਼ਿਸ਼ ਹੈ ਤਾਂ ਜੋ ਅਰਬੀ ਨਾ ਜਾਣਨ ਵਾਲੇ ਪੰਜਾਬੀ ਵੀਰਾਂ ਨੂੰ ਕੁਰਆਨ ਮਜੀਦ ਸਮਝਣ ਵਿਚ ਅਤੇ ਰੱਬ ਦੀ ਰਜ਼ਾ ਸਮਝਣ ਵਿਚ ਆਸਾਨੀ ਹੋਵੇ। ਰੱਬੀ ਬਾਣੀ ਨੂੰ ਉਸ ਦੇ ਠੀਕ ਠੀਕ ਅਰਥਾਂ ਵਿਚ ਅਨੁਵਾਦ ਕਰਨਾ ਕਿਸੇ ਮਨੁੱਖ ਦੇ ਵੱਸ ਦੀ ਗੱਲ ਨਹੀਂ। ਸੋ ਜੋ ਵੀ ਇਸ ਅਨੁਵਾਦ ਵਿਚ ਕਿਸੇ

ਰਹਾਂ ਦੀ ਕੋਈ ਘਾਟ ਜਾਂ ਤਰੁੱਟੀ ਰਹੀ ਹੈ ਉਸ ਦੇ ਲਈ ਅਸੀਂ ਅੱਲਾਹ ਤੋਂ ਖਿਮਾਂ ਦੇ ਜਾਚਕ ਹਾਂ ਅਤੇ ਆਪਣੇ ਪਾਠਕਾਂ ਤੋਂ ਨਿਮਰਤਾ ਸਹਿਤ ਬੇਨਤੀ ਕਰਦੇ ਹਾਂ ਕਿ ਇਸ ਅਨੁਵਾਦ ਦੀਆਂ ਗਲਤੀਆਂ ਤੋਂ ਸਾਨੂੰ ਜਾਣੂ ਕਰਵਾਇਆ ਜਾਵੇ ਤਾਂ ਜੋ ਆਉਣ ਵਾਲੇ ਐਡੀਸ਼ਨ ਵਿਚ ਸੋਧ ਕੀਤੀ ਜਾ ਸਕੇ।

ਅੱਲਾਹ ਤੋਂ ਦੁਆ ਹੈ ਕਿ ਉਹ ਇਸ ਤੁੱਛ ਜਿਹੀ ਕੋਸ਼ਿਸ਼ ਨੂੰ ਕਬੂਲ ਕਰੇ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਇਸ ਤੋਂ ਲਾਭ ਉਠਾਉਣ ਦਾ ਬਲ ਬਖ਼ਸ਼ੇ। ਇਸ ਦੇ ਨਾਲ ਹੀ ਅਨੁਵਾਦਕ ਆਪਣੇ ਬਜ਼ੁਰਗਾਂ, ਮਿੱਤਰਾਂ, ਸਹਿਯੋਗੀਆਂ ਤੇ ਸ਼ੁਭ ਚਿੰਤਕਾਂ ਦਾ, ਵਿਸ਼ੇਸ਼ ਕਰ ਡਾ. ਅਬਦੁ ਦੱਯਾਨ, ਤਾਹਿਰ ਹਲੀਮ ਤੇ ਮੱਕਾ ਪ੍ਰਿੰਟਰਜ਼ ਦੇ ਸਟਾਫ਼ ਦਾ ਧੰਨਵਾਦੀ ਹੈ ਜਿਨ੍ਹਾਂ ਦੀ ਸਹਿਯੋਗ ਸਦਕਾ ਹੀ ਇਹ ਸ਼ੁੱਭ ਕੰਮ ਮੁਕੰਮਲ ਹੋ ਸਕਿਆ ਹੈ।

ਆਰਿਫ਼ ਹਲੀਮ

ਮਾਲੇਰਕੋਟਲਾ, ਪੰਜਾਬ (ਇੰਡੀਆ)

ਸੂਰਤਾਂ ਦੀ ਸੂਚੀ

ਨੰ:	ਸੂਰਤ ਦਾ ਨਾਂ	ਪੰਨਾ	ਪਾਰਾ ਨੰ:	ਨੰ:	ਸੂਰਤ ਦਾ ਨਾਂ	ਪੰਨਾ	ਪਾਰਾ ਨੰ:
1.	ਸੂਰਤ ਅਲ-ਫ਼ਾਤਿਹਾ	11		31.	ਸੂਰਤ ਲੁਕਮਾਨ	785	21
2.	ਸੂਰਤ ਅਲ-ਬਕਰਹ	13	1,2,3	32.	ਸੂਰਤ ਅਸ-ਸਜਦਾ	792	21
3.	ਸੂਰਤ ਆਲੇ-ਇਮਰਾਨ	105	3,4	33.	ਸੂਰਤ ਅਲ-ਅਹਜ਼ਾਬ	798	21,22
4.	ਸੂਰਤ ਅਨ-ਨਿਸਾ	158	4,5,6	34.	ਸੂਰਤ ਸਬਾ	815	22
5.	ਸੂਰਤ ਮਾਇਦਾ	211	6,7	35.	ਸੂਰਤ ਫ਼ਾਤਿਰ	827	22
6.	ਸੂਰਤ ਅਲ-ਅਨਆਮ	249	7,8	36.	ਸੂਰਤ ਯਾਸੀਨ	837	22,23
7.	ਸੂਰਤ ਅਲ-ਆਰਾਫ਼	285	8,9	37.	ਸੂਰਤ ਅਸ-ਸਾਫ਼ਾਤ	849	23
8.	ਸੂਰਤ ਅਲ-ਅਨਫ਼ਾਲ	341	9,10	38.	ਸੂਰਤ ਸੁਆਦ	865	23
9.	ਸੂਰਤ ਅਤ-ਤੌਬਾ	360	10,11	39.	ਸੂਰਤ ਅਜ਼-ਜ਼ੁਮਰ	876	23,24
10.	ਸੂਰਤ ਯੂਨੁਸ	395	11	40.	ਸੂਰਤ ਅਲ-ਮੋਮਿਨ	892	24
11.	ਸੂਰਤ ਹੂਦ	421	11,12	41.	ਸੂਰਤ ਹਾ, ਮੀਮ, ਅਸ-ਸਜਦਾ	908	24,25
12.	ਸੂਰਤ ਯੂਸੁਫ਼	448	12,13	42.	ਸੂਰਤ ਅਸ਼-ਸ਼ੂਰਾ	918	25
13.	ਸੂਰਤ ਅਰ-ਰਾਅਦ	471	13	43.	ਸੂਰਤ ਅਜ਼-ਜ਼ੁਖ਼ਰਫ਼	930	25
14.	ਸੂਰਤ ਇਬਰਾਹੀਮ	484	13	44.	ਸੂਰਤ ਅਦ-ਦੁਖ਼ਾਨ	943	25
15.	ਸੂਰਤ ਅਲ-ਹਿਜਰ	497	14	45.	ਸੂਰਤ ਅਲ-ਜਾਸੀਆ	949	25
16.	ਸੂਰਤ ਅਨ-ਨਹਲ	508	14	46.	ਸੂਰਤ ਅਲ-ਅਹਕਾਫ਼	957	26
17.	ਸੂਰਤ ਬਨੀ-ਇਸਰਾਈਲ	535	15	47.	ਸੂਰਤ ਮੁਹੰਮਦ	965	[illegible]
18.	ਸੂਰਤ ਅਲ-ਕਹਫ਼	558	15,16	48.	ਸੂਰਤ ਅਲ-ਫ਼ਤਿਹ	973	26
19.	ਸੂਰਤ ਮਰੀਅਮ	582	16	49.	ਸੂਰਤ ਅਲ-ਹੁਜਰਾਤ	980	26
20.	ਸੂਰਤ ਅਤ-ਤਾ-ਹਾ	597	16	50.	ਸੂਰਤ ਕਾਫ਼	985	26
21.	ਸੂਰਤ ਅਲ-ਅੰਬੀਆ	619	17	51.	ਸੂਰਤ ਅਜ਼-ਜ਼ਾਰੀਆਤ	991	26,27
22.	ਸੂਰਤ ਅਲ-ਹੱਜ	637	17	52.	ਸੂਰਤ ਅਤ-ਤੂਰ	996	27
23.	ਸੂਰਤ ਅਲ-ਮੋਮਿਨੂਨ	655	18	53.	ਸੂਰਤ ਅਨ-ਨਜਮ	1003	27
24.	ਸੂਰਤ ਅਨ-ਨੂਰ	670	18	54.	ਸੂਰਤ ਅਲ-ਕਮਰ	1010	27
25.	ਸੂਰਤ ਅਲ-ਫ਼ੁਰਕਾਨ	687	18,19	55.	ਸੂਰਤ ਅਰ-ਰਹਿਮਾਨ	1016	27
26.	ਸੂਰਤ ਅਸ਼-ਸ਼ੁਅਰਾ	700	19	56.	ਸੂਰਤ ਅਲ-ਵਾਕਿਆ	1022	27
27.	ਸੂਰਤ ਅਨ-ਨਮਲ	722	19,20	57.	ਸੂਰਤ ਅਲ-ਹਦੀਦ	1030	27
28.	ਸੂਰਤ ਅਲ-ਕਸਸ	739	20	58.	ਸੂਰਤ ਅਲ-ਮੁਜਾਦਲਾ	1037	28
29.	ਸੂਰਤ ਅਲ-ਅਨਕਬੂਤ	759	20,21	59.	ਸੂਰਤ ਅਲ-ਹਸ਼ਰ	1043	28
30.	ਸੂਰਤ ਅਰ-ਰੂਮ	774	21	60.	ਸੂਰਤ ਅਲ-ਮੁਮਤਹਿਨਾ	1049	28

61.	ਸੂਰਤ ਅਸ-ਸਫ਼	1054	28	88.	ਸੂਰਤ ਅਲ-ਗ਼ਾਸ਼ੀਆ	1145	30
62.	ਸੂਰਤ ਅਲ-ਜੁਮਆ	1057	28	89.	ਸੂਰਤ ਅਲ-ਫ਼ਜਰ	1147	30
63.	ਸੂਰਤ ਅਲ-ਮੁਨਾਫ਼ਿਕੂਨ	1059	28	90.	ਸੂਰਤ ਅਲ-ਬਲਦ	1150	30
64.	ਸੂਰਤ ਅਤ-ਤਗ਼ਾਬੁਨ	1062	28	91.	ਸੂਰਤ ਅਸ਼-ਸ਼ਮਸ	1152	30
65.	ਸੂਰਤ ਅਤ-ਤਲਾਕ	1065	28	92.	ਸੂਰਤ ਅਲ-ਲੈਲ	1154	30
66.	ਸੂਰਤ ਅਤ-ਤਹਰੀਮ	1069	28	93.	ਸੂਰਤ ਅਦ-ਦੁਹਾ	1156	30
67.	ਸੂਰਤ ਅਲ-ਮੁਲਕ	1073	29	94.	ਸੂਰਤ ਅਲ-ਨਸ਼ਰਹ	1157	30
68.	ਸੂਰਤ ਅਲ-ਕ਼ਲਮ	1077	29	95.	ਸੂਰਤ ਅਤ-ਤੀਨ	1158	30
69.	ਸੂਰਤ ਅਲ-ਹਾਕ਼ਾ	1082	29	96.	ਸੂਰਤ ਅਲ-ਅਲਕ਼	1159	30
70.	ਸੂਰਤ ਅਲ-ਮਆਰਿਜ	1087	29	97.	ਸੂਰਤ ਅਲ- ਕ਼ਦਰ	1160	30
71.	ਸੂਰਤ ਨੂਹ	1092	29	98.	ਸੂਰਤ ਅਲ-ਬੱਯਨਾ	1161	30
72.	ਸੂਰਤ ਅਲ-ਜਿੰਨ	1095	29	99.	ਸੂਰਤ ਅਲ-ਜ਼ਿਲਜ਼ਾਲ	1162	30
73.	ਸੂਰਤ ਅਲ-ਮੁੱਜ਼ਮਿਲ	1099	29	100.	ਸੂਰਤ ਅਲ-ਆਦੀਆਤ	1163	30
74.	ਸੂਰਤ ਅਲ-ਮੁੱਦੱਸਿਰ	1102	29	101.	ਸੂਰਤ ਅਲ- ਕ਼ਾਰਿਆ	1164	30
75.	ਸੂਰਤ ਅਲ-ਕ਼ਿਆਮਾ	1107	29	102.	ਸੂਰਤ ਅਤ-ਤਕਾਸੁਰ	1166	30
76.	ਸੂਰਤ ਅਦ-ਦਹਰ	1110	29	103.	ਸੂਰਤ ਅਲ-ਅਸਰ	1167	30
77.	ਸੂਰਤ ਅਲ-ਮੁਰਸਲਾਤ	1114	29	104.	ਸੂਰਤ ਅਲ-ਹੁਮਾਜ਼ਾ	1167	30
78.	ਸੂਰਤ ਅਨ-ਨਬਾ	1119	30	105.	ਸੂਰਤ ਅਲ-ਫ਼ੀਲ	1168	30
79.	ਸੂਰਤ ਅਨ-ਨਾਜ਼ਿਆਤ	1122	30	106.	ਸੂਰਤ ਕੁਰੈਸ਼	1169	30
80.	ਸੂਰਤ ਅ-ਬਸਾ	1126	30	107.	ਸੂਰਤ ਅਲ-ਮਾਊਨ	1170	30
81.	ਸੂਰਤ ਅਤ-ਤਕਵੀਰ	1129	30	108.	ਸੂਰਤ ਅਲ-ਕੌਸਰ	1171	30
82.	ਸੂਰਤ ਅਲ-ਇਨਫ਼ਿਤਾਰ	1132	30	109.	ਸੂਰਤ ਅਲ-ਕਾਫ਼ਿਰੂਨ	1171	30
83.	ਸੂਰਤ ਅਲ-ਮੁਤੱਫ਼ਿਫ਼ੀਨ	1133	30	110.	ਸੂਰਤ ਅਨ-ਨਸਰ	1172	30
84.	ਸੂਰਤ ਅਲ-ਇਨਸ਼ਿਕ਼ਾਕ਼	1137	30	111.	ਸੂਰਤ ਅਲ-ਲਹਬ	1173	30
85.	ਸੂਰਤ ਅਲ-ਬੁਰੂਜ	1139	30	112.	ਸੂਰਤ ਅਲ-ਇਖ਼ਲਾਸ	1173	30
86.	ਸੂਰਤ ਅਤ-ਤਾਰਿਕ਼.	1142	30	113.	ਸੂਰਤ ਅਲ-ਫ਼ਲਕ਼.	1174	30
87.	ਸੂਰਤ ਅਲ-ਆਅਲਾ	1143	30	114.	ਸੂਰਤ ਅਨ-ਨਾਸ	1175	30

1. ਸੂਰਤ ਅਲ-ਫ਼ਾਤਿਹਾ[1] (ਮੱਕੀ-5)

سُورَةُ الْفَاتِحَةِ

(ਆਇਤਾਂ 7, ਰੁਕੂਅ 1)

1. ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ ١

2. ਸਾਰੀਆਂ ਤਾਰੀਫ਼ਾਂ ਤੇ ਸ਼ੁਕਰਾਨੇ ਉਸ ਅੱਲਾਹ ਲਈ ਹਨ ਜਿਹੜਾ ਕੁੱਲ ਜਹਾਨਾਂ ਦਾ ਰੱਬ ਹੈ।[2]

الْحَمْدُ لِلَّهِ رَبِّ الْعَالَمِينَ ٢

3. ਅਤਿਅੰਤ ਮਿਹਰਬਾਨ ਤੇ ਰਹਿਮ ਫ਼ਰਮਾਉਣ ਵਾਲਾ ਹੈ।

الرَّحْمَٰنِ الرَّحِيمِ ٣

4. ਬਦਲੇ ਵਾਲੇ ਦਿਨ (ਕਿਆਮਤ) ਦਾ ਮਾਲਿਕ ਹੈ।

مَٰلِكِ يَوْمِ الدِّينِ ٤

5. ਅਸੀਂ ਤੇਰੀ ਹੀ ਇਬਾਦਤ ਕਰਦੇ ਹਾਂ ਅਤੇ ਤੈਥੋਂ ਹੀ (ਹਰ ਪ੍ਰਕਾਰ ਦੀ) ਮਦਦ ਚਾਹੁੰਦੇ ਹਾਂ।

إِيَّاكَ نَعْبُدُ وَإِيَّاكَ نَسْتَعِينُ ٥

6. (ਹੇ ਅੱਲਾਹ!) ਸਾਨੂੰ ਸਿੱਧਾ ਰਾਹ ਵਿਖਾ।[3]

اهْدِنَا الصِّرَاطَ الْمُسْتَقِيمَ ٦

---

1 ਹਜ਼ਰਤ ਅਬੂ ਸਈਦ ਬਿਨ ਮੁਅੱਲਾ (ਰ:ਅ:) ਦਾ ਆਖਣਾ ਹੈ ਕਿ ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ, ਮੈਂ ਤੁਹਾਨੂੰ ਇਕ ਸੂਰਤ ਦਾ ਨਾਂ ਦੱਸਦਾ ਹਾਂ ਜਿਹੜੀ ਕੁਰਆਨ ਦੀਆਂ ਸਾਰੀਆਂ ਸੂਰਤਾਂ ਤੋਂ ਵੱਧ ਅਜ਼ਮਤ ਵਾਲੀ ਭਾਵ ਸਰਵਉੱਚ ਦਰਜਾ ਰੱਖਦੀ ਹੈ, ਉਹ 'ਅਲਹਮਦੁ ਲਿੱਲਾਹ ਹਿਰੱਬਿਲ ਆਲਮੀਨ' ਭਾਵ ਸੂਰਤ ਫ਼ਾਤਿਹਾ ਹੈ। ਇਸ ਵਿਚ ਸੱਤ ਆਇਤਾਂ ਹਨ ਜਿਹੜੀਆਂ ਹਰ ਨਮਾਜ਼ ਦੀ ਹਰੇਕ ਰਕਾਅਤ ਵਿਚ ਪੜ੍ਹੀਆਂ ਜਾਂਦੀਆਂ ਹਨ। (ਸਹੀ ਬੁਖ਼ਾਰੀ, ਹਦੀਸ: 4474)

ਇਸ ਹਦੀਸ ਤੋਂ ਇਹ ਵੀ ਗਿਆਨ ਹੁੰਦਾ ਹੈ ਕਿ ਹਰ ਨਮਾਜ਼ ਵਿਚ ਸੂਰਤ ਫ਼ਾਤਿਹਾ ਦਾ ਪੜ੍ਹਣਾ ਲਾਜ਼ਮੀ ਹੈ। ਹਜ਼ਰਤ ਉਬਾਦਾਹ ਬਿਨ ਸਾਮਤ (ਰ:ਅ:) ਦਾ ਆਖਣਾ ਹੈ ਕਿ ਅੱਲਾਹ ਦੇ ਰਸੂਲ (ਸ:) ਦਾ ਫ਼ਰਮਾਨ ਹੈ ਕਿ ਜਿਹੜਾ ਵਿਅਕਤੀ ਨਮਾਜ਼ ਵਿਚ ਸੂਰਤ ਫ਼ਾਤਿਹਾ ਨਹੀਂ ਪੜ੍ਹਦਾ ਉਸ ਦੀ ਨਮਾਜ਼ ਨਹੀਂ। (ਸਹੀ ਬੁਖ਼ਾਰੀ, ਹਦੀਸ: 756)

2 'ਰੱਬ' ਅੱਲਾਹ ਦੇ ਸਿਫ਼ਾਤੀ (ਗੁਣਵਾਨ) ਨਾਵਾਂ ਵਿੱਚੋਂ ਹੈ। ਇਸ ਦਾ ਅਰਥ ਹੈ ਸਾਰੀ ਸ੍ਰਿਸ਼ਟੀ ਭਾਵ ਦੁਨੀਆਂ ਜਹਾਨ ਦਾ ਪਾਲਣਹਾਰ, ਸਿਰਜਣਹਾਰ, ਹਾਕਮ, ਸ੍ਰਿਸ਼ਟੀ ਦੀ ਦੇਖਭਾਲ, ਸ਼ਾਸਨ ਚਲਾਉਣ ਵਾਲਾ ਅਤੇ ਦਾਤਾ ਆਦਿ।

3 ਭਾਵ ਹਿਦਾਇਤ ਬਖ਼ਸ਼ਦੇ। ਹਿਦਾਇਤ ਦੋ ਤਰ੍ਹਾਂ ਦੀ ਹੈ, ਇਕ ਉਹ ਜਿਹੜੀ ਅੱਲਾਹ ਵੱਲੋਂ ਬਖ਼ਸ਼ੀ ਜਾਂਦੀ ਹੈ ਅਤੇ ਦੂਜੀ ਉਹ ਜਿਹੜੀਆਂ ਪੈਗ਼ੰਬਰਾਂ ਅਤੇ ਅੱਲਾਹ ਦੇ ਨੇਕ ਬੰਦਿਆਂ ਦੀ ਸਿੱਖਿਆ ਤੇ ਤਬਲੀਗ਼ ਦੁਆਰਾ ਮਿਲਦੀ

7. ਉਹਨਾਂ ਲੋਕਾਂ ਦੀ ਰਾਹ ਜਿਨ੍ਹਾਂ ਨੂੰ ਤੂੰ ਇਨਾਮ ਬਖ਼ਸ਼ਿਆ,[1] ਜਿਨ੍ਹਾਂ 'ਤੇ ਤੇਰਾ ਕਰੋਪ (ਅਜ਼ਾਬ) ਨਹੀਂ ਹੋਇਆ ਅਤੇ ਨਾ ਹੀ (ਸਿੱਧੀ ਰਾਹ ਤੋਂ) ਭਟਕੇ ਹੋਏ ਸੀ।[2]

صِرَاطَ الَّذِينَ أَنْعَمْتَ عَلَيْهِمْ غَيْرِ الْمَغْضُوبِ عَلَيْهِمْ وَلَا الضَّالِّينَ ﴿٧﴾

ਹੈ। ਇਸ ਥਾਂ ਹਿਦਾਇਤ ਤੋਂ ਭਾਵ ਅੱਲਾਹ ਤਆਲਾ ਤੋਂ ਸਿੱਧੀ ਰਾਹ 'ਤੇ ਤੁਰਨ ਅਤੇ ਉਸ ਉੱਤੇ ਜੰਮੇ ਰਹਿਣ ਦੀ ਦੁਆ ਹੈ।

[1] ਭਾਵ ਨਬੀਆਂ, ਸੱਚੇ ਲੋਕਾਂ, ਸ਼ਹੀਦਾਂ ਵਾਲੀ ਰਾਹ ਜਿਵੇਂ ਕਿ ਸੂਰਤ ਨਿਸਾ ਦੀ 69ਵੀਂ ਆਇਤ ਵਿਚ ਵਿਸਥਾਰ ਨਾਲ ਦੱਸਿਆ ਗਿਆ ਹੈ।

[2] ਨਬੀ ਕਰੀਮ (ਸ:) ਦਾ ਫ਼ਰਮਾਨ ਹੈ ਕਿ ਜਦੋਂ ਇਮਾਮ 'ਗ਼ੈਰਿਲ ਮਗ਼ਜ਼ੂਬੇ ਅਲੈਹਿਮ ਵਲੱਜ਼-ਜ਼ਾਲੀਨ' ਕਹੇ ਤਾਂ ਪਿੱਛੇ ਨਮਾਜ਼ ਪੜ੍ਹਣ ਵਾਲੇ 'ਆਮੀਨ' ਆਖਣ। ਜਿਸ ਕਿਸੇ ਦੀ ਆਮੀਨ ਫ਼ਰਿਸ਼ਤਿਆਂ ਦੀ ਆਮੀਨ ਨਾਲ ਇਕ ਹੋ ਗਈ ਉਸ ਦੇ ਪਿਛਲੇ ਗੁਨਾਹ ਬਖ਼ਸ਼ ਦਿੱਤੇ ਜਾਣਗੇ। (ਸਹੀ ਬੁਖ਼ਾਰੀ, ਕਿਤਾਬ ਅਜ਼ਾਨ 113, ਹਦੀਸ: 782)

سُورَةُ الْبَقَرَةِ

2. ਸੂਰਤ ਅਲ-ਬਕਰਹ (ਮਦਨੀ-87)

(ਆਇਤਾਂ 286, ਰੁਕੂਅ 40)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

الٓمٓ ①

1. ਅਲਿਫ਼, ਲਾਮ, ਮੀਮ।

ذَٰلِكَ الْكِتَابُ لَا رَيْبَ ۛ فِيهِ ۛ هُدًى لِّلْمُتَّقِينَ ②

2. ਇਹ (ਕੁਰਆਨ, ਅੱਲਾਹ ਦੀ) ਕਿਤਾਬ ਹੈ, ਜਿਸ ਵਿਚ ਰਤਾ ਵੀ ਕੋਈ ਸ਼ੱਕ ਨਹੀਂ (ਕਿ ਇਹ) ਮੁੱਤਕੀਨ[1] (ਰੱਬ ਤੋਂ ਡਰਨ ਵਾਲਿਆਂ) ਲਈ ਹਿਦਾਇਤ (ਦਾ ਸਾਧਨ) ਹੈ,

الَّذِينَ يُؤْمِنُونَ بِالْغَيْبِ وَيُقِيمُونَ الصَّلَاةَ وَمِمَّا رَزَقْنَاهُمْ يُنفِقُونَ ③

3. ਉਹ, ਜਿਹੜੇ ਗ਼ੈਬ[2] ਉੱਤੇ ਈਮਾਨ ਰੱਖਦੇ ਹਨ ਅਤੇ ਨਮਾਜ਼[3] ਕਾਇਮ ਕਰਦੇ ਹਨ ਅਤੇ ਜੋ ਵੀ ਅਸੀਂ ਉਹਨਾਂ ਨੂੰ (ਮਾਲ) ਦਿੱਤਾ ਹੈ ਉਸ ਵਿਚੋਂ

---

[1] ਮੁੱਤਕੀਨ ਤੋਂ ਭਾਵ ਉਹ ਲੋਕ ਹਨ ਜਿਹੜੇ ਕੇਵਲ ਰੱਬ ਤੋਂ ਡਰਦੇ ਹੋਏ ਉਹਨਾਂ ਸਾਰੇ ਕੰਮਾਂ ਤੋਂ ਬਾਜ਼ ਰਹਿੰਦੇ ਹਨ ਜਿਨ੍ਹਾਂ ਤੋਂ ਰੱਬ ਨੇ ਰੋਕਿਆ ਹੈ।

◆ ਉਂਜ ਤਾਂ ਇਹ ਕੁਰਆਨ ਸਾਰੇ ਮਨੁੱਖਾਂ ਦੀ ਭਲਾਈ ਲਈ ਹੀ ਨਾਜ਼ਿਲ ਹੋਇਆ ਹੈ ਪਰ ਇਸ ਤੋਂ ਲਾਭ ਉਹੀਓ ਉਠਾ ਸਕਦੇ ਹਨ, ਜਿਨ੍ਹਾਂ ਦੇ ਦਿਲਾਂ ਵਿਚ ਰੱਬ ਦਾ ਡਰ-ਭੈ ਹੁੰਦਾ ਹੈ, ਜਿਸ ਮਨੁੱਖ ਦੇ ਦਿਲ ਵਿਚ ਮਰਨ ਤੋਂ ਬਾਅਦ ਕਿਸੇ ਪ੍ਰਕਾਰ ਦੇ ਸਵਾਲ ਜਵਾਬ ਦਾ ਡਰ ਨਹੀਂ, ਉਸ ਦੇ ਅੰਦਰ ਹਿਦਾਇਤ ਪ੍ਰਾਪਤ ਕਰਨ ਦੀ ਇੱਛਾ ਜਾਂ ਭਲਾਈ ਤੇ ਗੁਮਰਾਹੀ ਤੋਂ ਬਚਣ ਦੀ ਕੋਈ ਚਿੰਤਾ ਵੀ ਨਹੀਂ ਹੁੰਦੀ ਫਿਰ ਉਸ ਨੂੰ ਹਿਦਾਇਤ ਕਿਵੇਂ ਮਿਲ ਸਕਦੀ ਹੈ?

[2] 'ਗ਼ੈਬ' ਦਾ ਅਰਥ ਹੈ ਅਣਦੇਖਾ, ਇਸ ਸ਼ਬਦ ਵਿਚ ਉਹ ਸਾਰੀਆਂ ਚੀਜ਼ਾਂ ਦਾਖ਼ਿਲ ਹਨ ਜਿਨ੍ਹਾਂ ਦਾ ਅਹਿਸਾਸ ਇਸ ਦੁਨੀਆਂ ਵਿਚ ਨਾ ਅਕਲ-ਸਮਝ ਤੋਂ ਹੋ ਸਕਦਾ ਹੈ ਅਤੇ ਨਾ ਹੀ ਮਹਿਸੂਸ ਕੀਤਾ ਜਾ ਸਕਦਾ ਹੈ, ਜਿਵੇਂ ਅੱਲਾਹ ਤਆਲਾ ਦਾ ਵਜੂਦ, ਫ਼ਰਿਸ਼ਤੇ, ਮਰਨ ਤੋਂ ਬਾਅਦ ਦਾ ਜੀਵਨ ਆਦਿ 'ਈਮਾਨ ਬਿਲਗ਼ੈਬ' ਤੋਂ ਭਾਵ ਅੱਲਾਹ ਅਤੇ ਉਸ ਦੇ ਰਸੂਲ ਮੁਹੰਮਦ (ਸ:) ਦੀਆਂ ਦੱਸੀਆਂ ਹੋਈਆਂ ਉਹਨਾਂ ਗੱਲਾਂ ਉੱਤੇ ਵਿਸ਼ਵਾਸ ਕਰਨਾ ਹੈ ਜਿਹੜੀਆਂ ਅਕਲ ਤੋਂ ਪਰੇ ਹਨ ਜਿਵੇਂ ਅੱਲਾਹ, ਫ਼ਰਿਸ਼ਤਿਆਂ, ਅਕਾਸ਼ੀ ਕਿਤਾਬਾਂ ਅਤੇ ਰਸੂਲਾਂ ਉੱਤੇ ਈਮਾਨ ਰੱਖਣਾ। ਇਸੇ ਤਰ੍ਹਾਂ ਅੱਲਾਹ ਅਤੇ ਰਸੂਲ ਵੱਲੋਂ ਬੀਤੇ ਸਮੇਂ ਵਿਚ ਵਾਪਰੀਆਂ ਹੋਈਆਂ ਘਟਨਾਵਾਂ ਜਾਂ ਆਉਣ ਵਾਲੇ ਸਮੇਂ ਲਈ ਦਿੱਤੀਆਂ ਹੋਈਆਂ ਸੂਚਨਾਵਾਂ ਉੱਤੇ ਈਮਾਨ ਰੱਖਣਾ ਵੀ 'ਈਮਾਨ ਬਿਲਗ਼ੈਬ' ਦਾ ਇਕ ਅਹਿਮ ਭਾਗ ਹੈ।

[3] "ਨਮਾਜ਼ ਕਾਇਮ ਕਰਨ" ਤੋਂ ਭਾਵ ਹੈ ਕਿ ਹਰੇਕ ਮੁਸਲਮਾਨ (ਮਰਦ ਤੇ ਔਰਤ) ਲਈ ਦਿਨ ਰਾਤ ਦੀਆਂ ਪੰਜ ਨਮਾਜ਼ਾਂ ਉਹਨਾਂ ਦੇ ਨਿਯਤ ਸਮੇਂ ਤੇ ਅਦਾ ਕਰਨੀਆਂ ਲਾਜ਼ਮੀ ਹਨ। ਨਮਾਜ਼ ਨੂੰ ਮਸੀਤ ਵਿਚ ਜਮਾਅਤ ਨਾਲ ਅਦਾ ਕਰਨਾ ਚਾਹੀਦਾ ਹੈ ਪਰ ਔਰਤਾਂ ਲਈ ਘਰ ਨਮਾਜ਼ ਪੜ੍ਹਨਾ ਵਧੇਰੇ ਚੰਗਾ ਹੈ। ਨਬੀ ਕਰੀਮ (ਸ:) ਨੇ ਇਹ ਵੀ ਫ਼ਰਮਾਇਆ ਹੈ ਕਿ ਨਮਾਜ਼ ਇੰਜ ਪੜ੍ਹੋ ਜਿਵੇਂ ਤੁਸੀਂ ਮੈਨੂੰ ਨਮਾਜ਼ ਪੜ੍ਹਦੇ ਹੋਏ ਵੇਖਿਆ ਹੈ। (ਸਹੀ ਬੁਖ਼ਾਰੀ, ਹਦੀਸ: 631)

(ਅੱਲਾਹ ਦੀ ਰਾਹ ਵਿਚ) ਖ਼ਰਚ ਕਰਦੇ ਹਨ।[1]

4. ਅਤੇ ਉਹ ਜਿਹੜੇ ਇਸ (ਕੁਰਆਨ) ਉੱਤੇ ਈਮਾਨ ਲਿਆਏ ਹਨ, ਜਿਹੜਾ (ਹੇ ਮੁਹੰਮਦ!) ਤੁਹਾਡੇ 'ਤੇ ਉਤਾਰਿਆ ਗਿਆ ਹੈ ਅਤੇ ਉਹਨਾਂ 'ਤੇ ਵੀ (ਈਮਾਨ ਲਿਆਉਂਦੇ ਹਨ) ਜਿਹੜੀਆਂ ਕਿਤਾਬਾਂ ਤੁਹਾਥੋਂ ਪਹਿਲਾਂ (ਨਬੀਆਂ 'ਤੇ) ਉਤਾਰੀਆਂ ਗਈਆਂ ਅਤੇ[2] ਉਹ ਆਖ਼ਿਰਤ ਉੱਤੇ ਵੀ ਈਮਾਨ ਰੱਖਦੇ ਹਨ।

وَالَّذِينَ يُؤْمِنُونَ بِمَا أُنزِلَ إِلَيْكَ
وَمَا أُنزِلَ مِن قَبْلِكَ وَبِالْآخِرَةِ هُمْ
يُوقِنُونَ ﴿٤﴾

5. ਇਹੋ ਲੋਕ (ਰੱਬ ਵੱਲੋਂ) ਸਿੱਧੇ ਰਾਹ ਉੱਤੇ ਹਨ ਅਤੇ ਇਹੋ ਸਫ਼ਲਤਾ ਪ੍ਰਾਪਤ ਕਰਨ ਵਾਲੇ ਹਨ।

أُولَٰئِكَ عَلَىٰ هُدًى مِّن رَّبِّهِمْ ۖ وَأُولَٰئِكَ هُمُ
الْمُفْلِحُونَ ﴿٥﴾

6. ਬੇਸ਼ੱਕ ਉਹ ਲੋਕ ਜਿਹੜੇ (ਕੁਰਆਨ ਦਾ) ਇਨਕਾਰ ਕਰਦੇ ਹਨ, (ਹੇ ਨਬੀ!) ਤੁਸੀਂ ਉਹਨਾਂ ਨੂੰ (ਨਰਕ ਦੇ ਅਜ਼ਾਬ ਤੋਂ) ਡਰਾਓ ਜਾਂ ਨਾ ਡਰਾਓ, ਉਹਨਾਂ ਲਈ ਇਕ ਬਰਾਬਰ ਹੈ, ਉਹ ਈਮਾਨ ਲਿਆਉਣ ਵਾਲੇ ਨਹੀਂ।

إِنَّ الَّذِينَ كَفَرُوا سَوَاءٌ عَلَيْهِمْ أَأَنذَرْتَهُمْ
أَمْ لَمْ تُنذِرْهُمْ لَا يُؤْمِنُونَ ﴿٦﴾

7. ਅੱਲਾਹ ਨੇ ਉਹਨਾਂ ਦੇ ਦਿਲਾਂ ਤੇ ਕੰਨਾਂ ਉੱਤੇ ਮੋਹਰ ਲਾ ਦਿੱਤੀ ਹੈ ਅਤੇ ਉਹਨਾਂ ਦੀਆਂ ਅੱਖਾਂ ਉੱਤੇ ਪਰਦਾ ਪਿਆ ਹੋਇਆ ਹੈ। ਉਹਨਾਂ ਲਈ ਕਰੜੀ ਸਜ਼ਾ (ਦਾ ਪ੍ਰਬੰਧ) ਹੈ।

خَتَمَ اللَّهُ عَلَىٰ قُلُوبِهِمْ وَعَلَىٰ سَمْعِهِمْ ۖ وَعَلَىٰ
أَبْصَارِهِمْ غِشَاوَةٌ ۖ وَلَهُمْ عَذَابٌ عَظِيمٌ ﴿٧﴾

8. ਕੁੱਝ ਲੋਕ ਅਜਿਹੇ ਵੀ ਹਨ ਜਿਹੜੇ ਆਖਦੇ ਹਨ ਕਿ ਅਸੀਂ ਅੱਲਾਹ ਤੇ ਆਖ਼ਿਰਤ ਦੇ ਦਿਨ ਉੱਤੇ ਈਮਾਨ ਲਿਆਏ ਹਾਂ ਜਦੋਂ ਕਿ ਉਹ ਈਮਾਨ ਵਾਲੇ ਨਹੀਂ।

وَمِنَ النَّاسِ مَن يَقُولُ آمَنَّا بِاللَّهِ
وَبِالْيَوْمِ الْآخِرِ وَمَا هُم بِمُؤْمِنِينَ ﴿٨﴾

---

[1] ਅੱਲਾਹ ਦੀ ਰਾਹ ਵਿਚ ਖ਼ਰਚ ਕਰਨ ਤੋਂ ਭਾਵ ਗ਼ਰੀਬ ਤੇ ਲੋੜਵੰਦ ਲੋਕਾਂ ਦੀ ਮਾਲੀ ਸਹਾਇਤਾ ਕਰਨਾ ਹੈ। ਇਸ ਦੇ ਨਾਲ ਹੀ ਅੱਲਾਹ ਦੇ ਦੀਨ ਇਸਲਾਮ ਨੂੰ ਚੜ੍ਹਦੀ ਕਲਾ ਵਿਚ ਰੱਖਣ ਲਈ ਮਾਲ ਖ਼ਰਚ ਕਰਨਾ ਵੀ ਅੱਲਾਹ ਦੀ ਰਾਹ ਵਿਚ ਖ਼ਰਚ ਕਰਨਾ ਹੈ।

[2] ਈਮਾਨ ਦਾ ਆਧਾਰ ਮੁੱਢਲੀਆਂ ਪੰਜ ਚੀਜ਼ਾਂ 'ਤੇ ਹੈ। ਜਿਵੇਂ ਹਦੀਸ ਵਿਚ ਹੈ (1) ਇਸ ਗੱਲ ਦੀ ਗਵਾਹੀ ਦੇਣਾ ਕਿ ਅੱਲਾਹ ਤੋਂ ਛੁੱਟ ਕੋਈ ਇਸ਼ਟ ਨਹੀਂ ਅਤੇ ਮੁਹੰਮਦ (ਸ.) ਅੱਲਾਹ ਦੇ ਰਸੂਲ ਹਨ। (2) ਨਮਾਜ਼ ਕਾਇਮ ਕਰਨਾ (3) ਜ਼ਕਾਤ ਅਦਾ ਕਰਨਾ। (4) ਹੱਜ ਕਰਨਾ ਅਤੇ (5) ਰਮਜ਼ਾਨ ਦੇ ਰੋਜ਼ੇ ਰੱਖਣਾ। (ਸਹੀ ਬੁਖ਼ਾਰੀ, ਹਦੀਸ: 8)

9. ਉਹ ਤਾਂ ਅੱਲਾਹ ਨੂੰ ਅਤੇ ਉਹਨਾਂ ਲੋਕਾਂ ਨੂੰ ਧੋਖਾ ਦੇ ਰਹੇ ਹਨ ਜਿਹੜੇ ਈਮਾਨ ਵਾਲੇ ਹਨ ਜਦੋਂ ਕਿ ਉਹ ਆਪਣੇ ਆਪ ਤੋਂ ਛੁੱਟ ਹੋਰ ਕਿਸੇ ਨੂੰ ਧੋਖਾ ਨਹੀਂ ਦੇ ਰਹੇ ਅਤੇ ਉਹਨਾਂ ਨੂੰ (ਇਸ ਦੀ) ਸਮਝ ਵੀ ਨਹੀਂ।

يُخٰدِعُونَ اللّٰهَ وَالَّذِينَ اٰمَنُوا ۚ وَمَا يَخْدَعُونَ إِلَّا أَنْفُسَهُمْ وَمَا يَشْعُرُونَ ⑨

10. ਉਹਨਾਂ ਦੇ ਦਿਲਾਂ ਨੂੰ ਇਕ ਰੋਗ (ਈਰਖਾ ਦਾ) ਲੱਗਿਆ ਹੋਇਆ ਹੈ ਅਤੇ ਅੱਲਾਹ ਨੇ ਉਹਨਾਂ ਦੇ ਇਸ ਰੋਗ ਨੂੰ ਹੋਰ ਵੀ ਵਧਾ ਦਿੱਤਾ ਹੈ। ਉਹਨਾਂ ਲਈ ਦੁਖਦਾਈ ਅਜ਼ਾਬ ਹੈ ਇਸ ਲਈ ਕਿ ਉਹ ਝੂਠ ਬੋਲਦੇ ਸਨ।

فِي قُلُوبِهِمْ مَرَضٌ فَزَادَهُمُ اللّٰهُ مَرَضًا ۚ وَلَهُمْ عَذَابٌ أَلِيمٌ بِمَا كَانُوا يَكْذِبُونَ ⑩

11. ਅਤੇ ਜਦੋਂ ਉਹਨਾਂ ਨੂੰ ਆਖਿਆ ਜਾਂਦਾ ਹੈ ਕਿ ਧਰਤੀ ਉੱਤੇ ਵਿਗਾੜ ਨਾ ਫੈਲਾਓ ਤਾਂ ਉਹ ਕਹਿੰਦੇ ਹਨ ਕਿ ਅਸੀਂ ਤਾਂ ਸੁਧਾਰ ਕਰਨ ਵਾਲੇ ਹਾਂ।

وَإِذَا قِيلَ لَهُمْ لَا تُفْسِدُوا فِي الْأَرْضِ ۙ قَالُوا إِنَّمَا نَحْنُ مُصْلِحُونَ ⑪

12. ਸੁਣੋ! ਅਸਲ ਵਿਚ ਇਹੋ ਲੋਕ ਫ਼ਸਾਦੀ ਹਨ ਪਰ ਇਹ ਨਹੀਂ ਸਮਝਦੇ।

أَلَا إِنَّهُمْ هُمُ الْمُفْسِدُونَ وَلٰكِنْ لَا يَشْعُرُونَ ⑫

13. ਅਤੇ ਜਦੋਂ ਉਹਨਾਂ ਨੂੰ ਕਿਹਾ ਜਾਂਦਾ ਹੈ ਕਿ ਤੁਸੀਂ ਵੀ ਇੰਜ ਹੀ ਈਮਾਨ ਲਿਆਓ ਜਿਵੇਂ ਦੂਜੇ ਲੋਕ ਈਮਾਨ ਲਿਆਏ ਹਨ ਤਾਂ ਕਹਿੰਦੇ ਹਨ, "ਕੀ ਅਸੀਂ ਵੀ ਮੂਰਖਾਂ ਵਾਂਗ ਈਮਾਨ ਲਿਆਈਏ?" ਖ਼ਬਰਦਾਰ! ਅਸਲ ਵਿਚ ਮੂਰਖ ਤਾਂ ਇਹ ਆਪ ਹਨ ਪਰ ਉਹ (ਇਹ ਗੱਲ) ਜਾਣਦੇ ਨਹੀਂ।

وَإِذَا قِيلَ لَهُمْ اٰمِنُوا كَمَا اٰمَنَ النَّاسُ قَالُوا أَنُؤْمِنُ كَمَا اٰمَنَ السُّفَهَاءُ ۗ أَلَا إِنَّهُمْ هُمُ السُّفَهَاءُ وَلٰكِنْ لَا يَعْلَمُونَ ⑬

14. ਜਦੋਂ ਇਹ (ਮੁਨਾਫ਼ਿਕ) ਈਮਾਨ ਵਾਲਿਆਂ ਨੂੰ ਮਿਲਦੇ ਹਨ ਤਾਂ ਕਹਿੰਦੇ ਹਨ ਕਿ ਅਸੀਂ ਵੀ ਈਮਾਨ ਲਿਆਏ ਹਾਂ ਪਰ ਜਦੋਂ ਉਹ ਆਪਣੇ ਸ਼ੈਤਾਨਾਂ (ਭਾਵ ਸਾਥੀਆਂ) ਨੂੰ ਇਕਾਂਤ ਵਿਚ ਮਿਲਦੇ ਹਨ ਤਾਂ ਆਖਦੇ ਹਨ ਕਿ ਅਸੀਂ ਤਾਂ ਤੁਹਾਡੇ ਨਾਲ ਹਾਂ,

وَإِذَا لَقُوا الَّذِينَ اٰمَنُوا قَالُوا اٰمَنَّا ۚ وَإِذَا خَلَوْا إِلٰى شَيٰطِينِهِمْ ۙ قَالُوا إِنَّا مَعَكُمْ ۙ إِنَّمَا نَحْنُ مُسْتَهْزِءُونَ ⑭

ਉਹਨਾਂ (ਮੁਸਲਮਾਨਾਂ) ਲੋਕਾਂ ਨਾਲ ਤਾਂ ਅਸੀਂ ਕੇਵਲ ਮਖੌਲ ਕਰਦੇ ਹਾਂ।

ٱللَّهُ يَسْتَهْزِئُ بِهِمْ وَيَمُدُّهُمْ فِى طُغْيَٰنِهِمْ يَعْمَهُونَ ﴿١٥﴾

15 (ਜਦ ਕਿ) ਅੱਲਾਹ ਉਹਨਾਂ ਨਾਲ ਮਖੌਲ ਕਰਦਾ ਹੈ ਅਤੇ ਉਹ ਉਹਨਾਂ ਨੂੰ ਢਿੱਲ ਦੇ ਰਿਹਾ ਹੈ। ਇਹ (ਮੁਨਾਫ਼ਿਕ) ਆਪਣੀ ਸਰਕਸ਼ੀ ਵਿਚ ਭਟਕਦੇ ਫਿਰਦੇ ਹਨ।

أُو۟لَٰٓئِكَ ٱلَّذِينَ ٱشْتَرَوُا۟ ٱلضَّلَٰلَةَ بِٱلْهُدَىٰ فَمَا رَبِحَت تِّجَٰرَتُهُمْ وَمَا كَانُوا۟ مُهْتَدِينَ ﴿١٦﴾

16 ਇਹ ਉਹ ਲੋਕ ਹਨ ਜਿਨ੍ਹਾਂ ਨੇ ਹਿਦਾਇਤ ਦੀ ਥਾਂ ਗੁਮਰਾਹੀ ਖ਼ਰੀਦ ਲਈ ਹੈ ਪਰ ਇਹ ਸੌਦਾ ਉਹਨਾਂ ਲਈ ਕੋਈ ਲਾਹੇਵੰਦ ਨਹੀਂ ਅਤੇ ਨਾ ਹੀ ਉਹਨਾਂ ਨੂੰ ਹਿਦਾਇਤ ਹੀ ਮਿਲ ਸਕੀ।

مَثَلُهُمْ كَمَثَلِ ٱلَّذِى ٱسْتَوْقَدَ نَارًا فَلَمَّآ أَضَآءَتْ مَا حَوْلَهُۥ ذَهَبَ ٱللَّهُ بِنُورِهِمْ وَتَرَكَهُمْ فِى ظُلُمَٰتٍ لَّا يُبْصِرُونَ ﴿١٧﴾

17 ਉਹਨਾਂ (ਮੁਨਾਫ਼ਿਕਾਂ) ਦੀ ਉਦਾਹਰਨ ਤਾਂ ਉਸ ਵਿਅਕਤੀ ਵਾਂਗ ਹੈ ਜਿਸ ਨੇ ਅੱਗ ਬਾਲੀ ਅਤੇ ਜਦੋਂ ਉਸ (ਅੱਗ) ਨੇ ਉਸ ਦੇ ਆਲੇ-ਦੁਆਲੇ ਚਾਨਣ ਕਰ ਦਿੱਤਾ ਤਾਂ ਅੱਲਾਹ ਨੇ ਉਹਨਾਂ ਦੀ (ਅੱਖਾਂ ਦੀ) ਰੌਸ਼ਨੀ ਨੂੰ ਖੋਹ ਲਿਆ ਅਤੇ ਉਹਨਾਂ ਨੂੰ ਹਨੇਰਿਆਂ ਵਿਚ ਭਟਕਣ ਲਈ ਛੱਡ ਦਿੱਤਾ, ਜਿੱਥੇ ਉਹ ਕੁੱਝ ਵੇਖ ਵੀ ਨਹੀਂ ਸਕਦੇ

صُمٌّۢ بُكْمٌ عُمْىٌ فَهُمْ لَا يَرْجِعُونَ ﴿١٨﴾

18 ਇਹ (ਕਾਫ਼ਿਰ ਲੋਕ) ਗੂੰਗੇ, ਬੋਲੇ ਅਤੇ ਅੰਨ੍ਹੇ ਹਨ, ਹੁਣ ਇਹ (ਈਮਾਨ ਵੱਲ) ਨਹੀਂ ਪਰਤਣਗੇ।

أَوْ كَصَيِّبٍ مِّنَ ٱلسَّمَآءِ فِيهِ ظُلُمَٰتٌ وَرَعْدٌ وَبَرْقٌ يَجْعَلُونَ أَصَٰبِعَهُمْ فِىٓ ءَاذَانِهِم مِّنَ ٱلصَّوَٰعِقِ حَذَرَ ٱلْمَوْتِ ۚ وَٱللَّهُ مُحِيطٌۢ بِٱلْكَٰفِرِينَ ﴿١٩﴾

19. ਜਾਂ ਇਹਨਾਂ ਕਾਫ਼ਿਰਾਂ ਦੀ ਉਦਾਹਰਨ ਉਸ ਤੇਜ਼ ਮੀਂਹ ਵਾਂਗ ਹੈ ਜਿਹੜਾ ਅਕਾਸ਼ ਤੋਂ ਵਰ੍ਹਿਆ ਜਿਸ ਵਿਚ ਹਨੇਰ, ਕੜਕ ਤੇ ਬਿਜਲੀ (ਦੀ ਲਿਸ਼ਕ) ਹੁੰਦੀ ਹੈ। ਉਹ ਬਿਜਲੀ ਦੀ ਕੜਕ ਸੁਣਕੇ ਮੌਤ ਤੋਂ ਡਰਦੇ ਹੋਏ ਆਪਣੇ ਉਂਗਲ ਆਪਣੇ ਕੰਨਾਂ ਵਿਚ ਠੋਸ ਲੈਂਦੇ ਹਨ। ਅੱਲਾਹ ਇਹਨਾਂ ਇਨਕਾਰੀਆਂ ਨੂੰ (ਕਿਆਮਤ ਦਿਹਾੜੇ) ਘੇਰਨ ਵਾਲਾ ਹੈ।

2

20. ਸੰਭਵ ਹੈ ਕਿ ਬਿਜਲੀ ਇਹਨਾਂ (ਕਾਫ਼ਿਰਾਂ) ਦੀਆਂ ਅੱਖਾਂ (ਦੀ ਜੋਤ ਹੀ) ਉਚਕ ਲੈ ਜਾਵੇ। ਜਦੋਂ ਬਿਜਲੀ ਲਿਸ਼ਕਦੀ ਹੈ ਤਾਂ ਉਹ ਉਸ ਦੀ ਰੌਸ਼ਨੀ ਵਿਚ ਤੁਰਨ ਲੱਗ ਪੈਂਦੇ ਹਨ ਜਦੋਂ ਹਨੇਰਾ ਪਸਰ ਜਾਂਦਾ ਹੈ ਤਾਂ ਖਲੋ ਜਾਂਦੇ ਹਨ। ਜੇ ਅੱਲਾਹ ਚਾਹਵੇ ਤਾਂ ਇਹਨਾਂ ਦੇ ਕੰਨ (ਸੁਣਨ ਸ਼ਕਤੀ) ਅਤੇ ਅੱਖਾਂ (ਵੇਖਣ ਸ਼ਕਤੀ) ਖੋਹ ਸਕਦਾ ਹੈ ਕਿਉਂ ਜੋ ਅੱਲਾਹ ਹਰ ਤਰ੍ਹਾਂ ਦੀ ਸਮਰਥਾ ਰੱਖਦਾ ਹੈ।

يَكَادُ الْبَرْقُ يَخْطَفُ أَبْصَارَهُمْ ۖ كُلَّمَا أَضَاءَ
لَهُم مَّشَوْا فِيهِ وَإِذَا أَظْلَمَ عَلَيْهِمْ قَامُوا ۚ
وَلَوْ شَاءَ اللَّهُ لَذَهَبَ بِسَمْعِهِمْ وَأَبْصَارِهِمْ ۚ
إِنَّ اللَّهَ عَلَىٰ كُلِّ شَيْءٍ قَدِيرٌ ﴿٢٠﴾

21. ਹੇ ਲੋਕੋ! ਤੁਸੀਂ ਆਪਣੇ ਉਸ ਰੱਬ ਦੀ ਇਬਾਦਤ ਕਰੋ ਜਿਸ ਨੇ ਤੁਹਾਨੂੰ ਪੈਦਾ ਕੀਤਾ ਹੈ ਅਤੇ ਉਹਨਾਂ ਲੋਕਾਂ ਨੂੰ ਵੀ ਜਿਹੜੇ ਤੁਹਾਥੋਂ ਪਹਿਲਾਂ ਬੀਤ ਚੁੱਕੇ ਹਨ ਤਾਂ ਜੋ ਤੁਸੀਂ ਬੁਰਾਈਆਂ ਤੋਂ ਬਚਣ ਵਾਲੇ ਬਣ ਸਕੋ।

يَا أَيُّهَا النَّاسُ اعْبُدُوا رَبَّكُمُ الَّذِي خَلَقَكُمْ
وَالَّذِينَ مِن قَبْلِكُمْ لَعَلَّكُمْ تَتَّقُونَ ﴿٢١﴾

22. ਉਹ (ਰਬ) ਜਿਸਨੇ ਤੁਹਾਡੇ ਲਈ ਧਰਤੀ ਦਾ ਫ਼ਰਸ਼ ਵਿਛਾਇਆ ਅਤੇ ਅਕਾਸ਼ ਦੀ ਛੱਤ ਬਣਾਈ ਅਤੇ ਉਸੇ ਅਕਾਸ਼ ਤੋਂ ਪਾਣੀ (ਮੀਂਹ) ਉਤਾਰਿਆ, ਉਸੇ ਰਾਹੀਂ (ਧਰਤੀ ਵਿੱਚੋਂ ਅਨੇਕਾਂ ਪ੍ਰਕਾਰ ਦੀ) ਉਪਜ ਕੱਢ ਕੇ ਤੁਹਾਡੇ ਲਈ ਰੋਜ਼ੀ ਦਾ ਪ੍ਰਬੰਧ ਕੀਤਾ ਸੋ ਤੁਸੀਂ ਕਿਸੇ ਹੋਰ ਨੂੰ ਅੱਲਾਹ ਦਾ ਸ਼ਰੀਕ[1] (ਸਾਂਝੀ) ਨਾ ਬਣਾਓ ਜਦ ਕਿ ਤੁਸੀਂ ਇਸ ਗੱਲ ਨੂੰ ਭਲੀ-ਭਾਂਤ ਜਾਣਦੇ ਵੀ ਹੋ।

الَّذِي جَعَلَ لَكُمُ الْأَرْضَ فِرَاشًا وَالسَّمَاءَ بِنَاءً
وَأَنزَلَ مِنَ السَّمَاءِ مَاءً فَأَخْرَجَ بِهِ مِنَ
الثَّمَرَاتِ رِزْقًا لَّكُمْ ۖ فَلَا تَجْعَلُوا لِلَّهِ أَندَادًا
وَأَنتُمْ تَعْلَمُونَ ﴿٢٢﴾

[1] ਹਜ਼ਰਤ ਅਬਦੁੱਲਾ ਇਬਨੇ ਮਸਊਦ ਦਾ ਕਹਿਣਾ ਹੈ ਕਿ ਮੈਂ ਨੇ ਨਬੀ ਕਰੀਮ (ਸ:) ਤੋਂ ਪੁੱਛਿਆ ਕਿ ਅੱਲਾਹ ਦੀਆਂ ਨਜ਼ਰਾਂ ਵਿਚ ਸਭ ਤੋਂ ਵੱਡਾ ਗੁਨਾਹ ਕਿਹੜਾ ਹੈ। ਤਾਂ ਆਪ (ਸ:) ਨੇ ਫ਼ਰਮਾਇਆ ਕਿ ਉਹ ਇਹ ਹੈ ਕਿ ਤੂੰ ਅੱਲਾਹ ਦਾ ਕੋਈ ਸਾਂਝੀ ਬਣਾਵੇਂ ਜਦ ਕਿ ਉਸੇ ਨੇ ਹੀ ਤੁਹਾਨੂੰ ਪੈਦਾ ਕੀਤਾ ਹੈ। ਇਸ 'ਤੇ ਮੈਂ ਨੇ ਕਿਹਾ ਕਿ ਬੇਸ਼ੱਕ ਇਹ ਵੱਡਾ ਗੁਨਾਹ ਹੈ। ਮੈਂ ਨੇ ਪੁੱਛਿਆ ਕਿ ਇਸ ਤੋਂ ਬਾਅਦ ਵੱਡਾ ਗੁਨਾਹ ਕਿਹੜਾ ਹੈ। ਤਾਂ ਆਪ (ਸ:) ਨੇ ਫ਼ਰਮਾਇਆ ਕਿ ਤੂੰ ਆਪਣੀ ਔਲਾਦ ਨੂੰ ਇਸ ਡਰ ਕਾਰਨ ਮਾਰ ਦੇਵੇਂ ਕਿ ਉਸ ਨੂੰ ਖਿਲਾਉਣਾ ਪਵੇਗਾ। ਮੈਂ ਨੇ ਪੁੱਛਿਆ ਕਿ ਇਸ ਤੋਂ ਬਾਅਦ ਕਿਹੜਾ ਗੁਨਾਹ ਵੱਡਾ ਦਰਜਾ ਰੱਖਦਾ ਹੈ ਤਾਂ ਆਪ (ਸ:) ਨੇ ਫ਼ਰਮਾਇਆ ਕਿ ਤੂੰ ਪੜੋਸੀ ਦੀ ਪਤਨੀ ਨਾਲ ਜ਼ਨਾਂ ਕਰੇਂ। (ਸਹੀ ਬੁਖ਼ਾਰੀ, ਹਦੀਸ: 4477)

وَإِن كُنتُمْ فِي رَيْبٍ مِّمَّا نَزَّلْنَا عَلَىٰ عَبْدِنَا
فَأْتُوا بِسُورَةٍ مِّن مِّثْلِهِ وَادْعُوا شُهَدَاءَكُم
مِّن دُونِ اللَّهِ إِن كُنتُمْ صَادِقِينَ ﴿٢٣﴾

23. ਜੇਕਰ ਤੁਹਾਨੂੰ ਇਸ (ਕੁਰਆਨ) ਦੇ ਸੰਬੰਧ ਵਿਚ ਕੋਈ ਸ਼ੰਕਾ ਹੈ ਜਿਹੜਾ ਅਸੀਂ (ਅੱਲਾਹ) ਨੇ ਆਪਣੇ ਬੰਦੇ (ਮੁਹੰਮਦ) 'ਤੇ ਉਤਾਰਿਆ ਹੈ ਤਾਂ ਤੁਸੀਂ ਇਹੋ ਜਿਹੀ ਇਕ ਸੂਰਤ ਬਣਾ ਲਿਆਓ ਅਤੇ ਛੁੱਟ ਅੱਲਾਹ ਤੋਂ ਆਪਣੇ ਸਾਥੀਆਂ ਨੂੰ ਸਹਾਇਤਾ ਲਈ ਸੱਦ ਲਵੋ, ਜੇ ਤੁਸੀਂ ਸੱਚੇ ਹੋ (ਤਾਂ ਕਰਕੇ ਵਿਖਾਓ)।

فَإِن لَّمْ تَفْعَلُوا وَلَن تَفْعَلُوا فَاتَّقُوا النَّارَ
الَّتِي وَقُودُهَا النَّاسُ وَالْحِجَارَةُ ۖ
أُعِدَّتْ لِلْكَافِرِينَ ﴿٢٤﴾

24. ਜੇ ਤੁਸੀਂ (ਇਹ ਕੰਮ) ਨਾ ਕਰ ਸਕੇ, ਅਤੇ ਤੁਸੀਂ ਕਰ ਵੀ ਨਹੀਂ ਸਕਦੇ, ਤਾਂ ਉਸ ਅੱਗ ਤੋਂ ਬਚੋ ਜਿਸ ਦਾ ਬਾਲਣ ਮਨੁੱਖ ਤੇ ਪੱਥਰ ਹਨ ਅਤੇ ਉਹ ਕਾਫ਼ਿਰਾਂ ਲਈ ਤਿਆਰ ਕੀਤੀ ਗਈ ਹੈ।

وَبَشِّرِ الَّذِينَ آمَنُوا وَعَمِلُوا الصَّالِحَاتِ أَنَّ لَهُمْ
جَنَّاتٍ تَجْرِي مِن تَحْتِهَا الْأَنْهَارُ ۖ كُلَّمَا رُزِقُوا
مِنْهَا مِن ثَمَرَةٍ رِّزْقًا ۙ قَالُوا هَٰذَا الَّذِي
رُزِقْنَا مِن قَبْلُ ۖ وَأُتُوا بِهِ مُتَشَابِهًا ۖ وَلَهُمْ
فِيهَا أَزْوَاجٌ مُّطَهَّرَةٌ ۖ وَهُمْ فِيهَا خَالِدُونَ ﴿٢٥﴾

25. (ਹੇ ਨਬੀ!) ਉਹਨਾਂ ਲੋਕਾਂ ਨੂੰ ਖ਼ੁਸ਼ਖ਼ਬਰੀ ਸੁਣਾ ਦਿਓ ਜਿਹੜੇ ਈਮਾਨ ਲਿਆਏ ਅਤੇ ਨੇਕ ਕੰਮ ਵੀ ਕਰਦੇ ਹਨ ਕਿ ਬੇਸ਼ੱਕ ਉਹਨਾਂ ਲਈ ਅਜਿਹੇ ਬਾਗ਼ ਹਨ ਜਿਨ੍ਹਾਂ ਹੇਠ ਨਹਿਰਾਂ ਵਗਦੀਆਂ ਹਨ। ਜਦੋਂ ਵੀ ਉਨ੍ਹਾਂ ਨੂੰ ਉੱਥੇ ਕੋਈ ਫਲ ਖਾਣ ਲਈ ਦਿੱਤਾ ਜਾਵੇਗਾ ਤਾਂ (ਜੰਨਤੀ) ਆਖਣਗੇ ਕਿ ਇਹ ਤਾਂ ਓਹੀਓ (ਫਲ) ਹੈ ਜਿਹੜਾ ਇਸ ਤੋਂ ਪਹਿਲਾਂ ਸਾਨੂੰ (ਸੰਸਾਰ ਵਿਚ) ਦਿੱਤਾ ਗਿਆ ਸੀ ਅਤੇ ਉਨ੍ਹਾਂ ਨੂੰ ਉਸ ਨਾਲ ਰਲਦਾ-ਮਿਲਦਾ ਹੀ ਫਲ ਦਿੱਤਾ ਜਾਵੇਗਾ ਅਤੇ ਉਹਨਾਂ ਲਈ ਉੱਥੇ (ਸਵਰਗ ਵਿਚ) ਪਵਿੱਤਰ ਪਤਨੀਆਂ ਹੋਣਗੀਆਂ[1] ਅਤੇ ਉਹ (ਸਭ) ਉਨ੍ਹਾਂ ਬਾਗ਼ਾਂ ਵਿਚ ਸਦਾ ਲਈ ਰਹਿਣਗੇ।

---

[1] ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ ਹੈ ਕਿ ਜੰਨਤ ਵਿਚ ਦਾਖ਼ਲ ਹੋਣ ਵਾਲੇ ਪਹਿਲੇ ਜੱਥੇ ਵਾਲਿਆਂ ਦੇ ਚਿਹਰੇ ਚੌਦਵੀਂ ਦੇ ਚੰਨ ਵਾਂਗ ਚਮਕਦੇ ਹੋਣਗੇ, ਉਹ ਥੁੱਕ, ਸੀਂਢ, ਪੱਦ ਆਦਿ ਤੋਂ ਮੁਕਤ ਹੋਣਗੇ ਉਹਨਾਂ ਦੇ ਭਾਂਡੇ ਸੋਨੇ ਦੇ ਅਤੇ ਕੰਘੀਆਂ ਵੀ ਸੋਨੇ ਚਾਂਦੀ ਦੀਆਂ ਹੋਣਗੀਆਂ, ਅੰਗੀਠੀਆਂ ਵਿਚ ਊਦ ਦੀ ਖ਼ੁਸ਼ਬੂਦਾਰ ਲੱਕੜ ਦੀ ਵਰਤੋਂ ਹੋਵੇਗੀ ਉਹਨਾਂ ਦੇ ਪਸੀਨਿਆਂ ਵਿੱਚੋਂ ਮੁਸ਼ਕ ਦੀ ਖ਼ੁਸ਼ਬੂ ਆਵੇਗੀ, ਹਰੇਕ ਦੀਆਂ ਦੋ-ਦੋ ਪਤਨੀਆਂ ਹੋਣਗੀਆਂ, ਜਿਨ੍ਹਾਂ ਦੀ ਖ਼ੂਬਸੂਰਤੀ ਤੇ ਨਜ਼ਾਕਤ ਇੰਨੀ ਹੋਵੇਗੀ ਕਿ ਉਹਨਾਂ ਦੀਆਂ ਪਿੰਡਲੀਆਂ ਦਾ ਗੁੱਦਾ ਵੀ ਬਾਹਰ ਵਿਖਾਈ ਦੇਵੇਗਾ ਜੇ ਕੋਈ ਆਪਸੀ ਮਤਭੇਦ ਜਾਂ ਗੁੱਸਾ ਆਦਿ ਹੋਵੇਗਾ ਉਸ ਤੋਂ ਪਾਕ ਹੋ ਜਾਣਗੇ ਅਤੇ ਉਹਨਾਂ

26. ਬੇਸ਼ੱਕ ਅੱਲਾਹ ਇਸ ਗੱਲ ਤੋਂ ਉੱਕਾ ਹੀ ਨਹੀਂ ਸੰਗਦਾ ਕਿ ਉਹ ਕਿਸੇ ਵੀ ਤਰ੍ਹਾਂ ਦੀ ਉਦਾਹਰਨ ਬਿਆਨ ਕਰੇ ਭਾਵੇਂ ਉਹ ਮੱਛਰ ਦੀ ਹੋਵੇ ਜਾਂ ਇਸ ਤੋਂ ਵੀ ਵਧ ਕਿਸੇ ਤੁੱਛ ਚੀਜ਼ ਦੀ ਹੋਵੇ। ਜਿਹੜੇ ਲੋਕੀ ਈਮਾਨ ਲਿਆਏ ਉਹ ਜਾਣਦੇ ਹਨ ਕਿ ਬੇਸ਼ੱਕ ਇਹ (ਉਦਾਹਰਣਾਂ) ਉਹਨਾਂ ਦੇ ਰੱਬ ਵੱਲੋਂ ਹੱਕ 'ਤੇ ਅਧਾਰਿਤ ਹਨ, ਪਰ ਜਿਹੜੇ ਇਨਕਾਰੀ ਹਨ ਉਹ ਆਖਦੇ ਹਨ ਕਿ ਇਨ੍ਹਾਂ ਉਦਾਹਰਣਾਂ ਤੋਂ ਅੱਲਾਹ ਦਾ ਕੀ ਭਾਵ ਹੈ? (ਜਦ ਕਿ) ਅੱਲਾਹ ਇਹਨਾਂ (ਉਦਾਹਰਣਾਂ ਰਾਹੀਂ) ਉਹਨਾਂ 'ਚੋਂ ਕਈਆਂ ਨੂੰ ਕੁਰਾਹੇ ਪਾ ਦਿੰਦਾ ਹੈ ਅਤੇ ਕਈਆਂ ਨੂੰ ਸਿੱਧੀ ਰਾਹ ਵਿਖਾਉਂਦਾ ਹੈ ਅਤੇ ਉਹ (ਅੱਲਾਹ) ਇਹਨਾਂ ਉਲੰਘਣਾਕਾਰੀਆਂ ਤੋਂ ਛੁੱਟ ਹੋਰ ਕਿਸੇ ਨੂੰ ਕੁਰਾਹੇ ਨਹੀਂ ਪਾਉਂਦਾ।

إِنَّ ٱللَّهَ لَا يَسْتَحْيِۦٓ أَن يَضْرِبَ مَثَلًا مَّا بَعُوضَةً فَمَا فَوْقَهَا ۚ فَأَمَّا ٱلَّذِينَ ءَامَنُوا۟ فَيَعْلَمُونَ أَنَّهُ ٱلْحَقُّ مِن رَّبِّهِمْ ۖ وَأَمَّا ٱلَّذِينَ كَفَرُوا۟ فَيَقُولُونَ مَاذَآ أَرَادَ ٱللَّهُ بِهَٰذَا مَثَلًا ۘ يُضِلُّ بِهِۦ كَثِيرًا وَيَهْدِي بِهِۦ كَثِيرًا ۚ وَمَا يُضِلُّ بِهِۦٓ إِلَّا ٱلْفَٰسِقِينَ ﴿٢٦﴾

27. ਜਿਹੜੇ ਲੋਕ ਅੱਲਾਹ ਨਾਲ ਇਕਰਾਰ ਕਰਨ ਪਿੱਛੋਂ ਉਸ ਨੂੰ ਤੋੜਦੇ ਹਨ ਅਤੇ ਜਿਨ੍ਹਾਂ (ਰਿਸ਼ਤਿਆਂ) ਨੂੰ ਅੱਲਾਹ ਨੇ ਜੋੜੀ ਰੱਖਣ ਦਾ ਹੁਕਮ ਦਿੱਤਾ ਹੈ ਉਹਨਾਂ ਨੂੰ ਤੋੜਦੇ ਹਨ[1] ਅਤੇ ਧਰਤੀ 'ਤੇ ਫ਼ਸਾਦ ਫੈਲਾਉਂਦੇ ਹਨ ਉਹੀਓ ਲੋਕ ਘਾਟੇ ਵਿਚ ਰਹਿਣ ਵਾਲੇ ਹਨ।

ٱلَّذِينَ يَنقُضُونَ عَهْدَ ٱللَّهِ مِنۢ بَعْدِ مِيثَٰقِهِۦ وَيَقْطَعُونَ مَآ أَمَرَ ٱللَّهُ بِهِۦٓ أَن يُوصَلَ وَيُفْسِدُونَ فِي ٱلْأَرْضِ ۚ أُو۟لَٰٓئِكَ هُمُ ٱلْخَٰسِرُونَ ﴿٢٧﴾

ਸਭ ਦੇ ਦਿਲ ਆਪੋ ਵਿਚ ਇਕ ਹੋ ਜਾਣਗੇ ਅਤੇ ਸਵੇਰੇ ਸ਼ਾਮ ਅੱਲਾਹ ਦੀ ਪਾਕੀ ਬਿਆਨ ਕਰਣਗੇ। (ਸਹੀ ਬੁਖ਼ਾਰੀ, ਹਦੀਸ: 3245)

[1] ਇਸ ਤੋਂ ਭਾਵ ਰਿਸ਼ਤਿਆਂ ਨੂੰ ਤੋੜਨਾ ਹੈ ਅਤੇ ਰਿਸ਼ਤੇਦਾਰਾਂ ਨਾਲ ਬਦਸਲੂਕੀ ਤੇ ਭੈੜਾ ਵਰਤਾਓ ਕਰਨਾ ਹੈ ਇਸ ਦੀ ਹਦੀਸਾਂ ਵਿਚ ਕਰੜੀ ਸਜ਼ਾ ਦੱਸੀ ਗਈ ਹੈ। ਨਬੀ ਕਰੀਮ (ਸ:) ਨੇ ਫ਼ਰਮਾਇਆ ਹੈ ਕਿ ਰਿਸ਼ਤਿਆਂ ਨੂੰ ਤੋੜਣ ਵਾਲਾ ਜੰਨਤ ਵਿਚ ਨਹੀਂ ਜਾਵੇਗਾ। (ਸਹੀ ਬੁਖ਼ਾਰੀ, ਹਦੀਸ: 5984)

◆ ਰਿਸ਼ਤਿਆਂ ਨੂੰ ਤੋੜਣ ਦੇ ਮੁਕਾਬਲੇ ਵਿਚ ਰਿਸ਼ਤਿਆਂ ਨੂੰ ਜੋੜਨਾ ਅਤੇ ਉਹਨਾਂ ਨਾਲ ਵਧੀਆ ਵਿਵਹਾਰ ਕਰਨ ਲਈ ਵਿਸ਼ੇਸ਼ ਹੁਕਮ ਦਿੱਤਾ ਹੈ ਇਸ ਦੀ ਬਹੁਤ ਵੱਡੀ ਮਹੱਤਤਾ ਹੈ।

كَيْفَ تَكْفُرُونَ بِاللَّهِ وَكُنْتُمْ أَمْوَاتًا
فَأَحْيَاكُمْ ۖ ثُمَّ يُمِيتُكُمْ ثُمَّ يُحْيِيكُمْ
ثُمَّ إِلَيْهِ تُرْجَعُونَ ﴿٢٨﴾

28. ਤੁਸੀਂ ਅੱਲਾਹ (ਦੀ ਹਸਤੀ) ਤੋਂ ਕਿਵੇਂ ਇਨਕਾਰ ਕਰਦੇ ਹੋ? ਜਦ ਕਿ ਤੁਸੀਂ ਬੇਜਾਨ ਸੀ ਉਸ ਨੇ ਤੁਹਾਨੂੰ ਜੀਵਨ ਦਿੱਤਾ ਫਿਰ ਉਹੀ ਤੁਹਾਨੂੰ ਮੌਤ ਦੇਵੇਗਾ ਫਿਰ ਉਹੀ ਤੁਹਾਨੂੰ ਮੁੜ ਜਿਉਂਦਾ ਕਰੇਗਾ (ਅਤੇ) ਤੁਸੀਂ ਉਸੇ ਵੱਲ ਮੁੜ ਕੇ ਜਾਉਗੇ।

هُوَ الَّذِي خَلَقَ لَكُمْ مَا فِي الْأَرْضِ جَمِيعًا ثُمَّ
اسْتَوَىٰ إِلَى السَّمَاءِ فَسَوَّاهُنَّ سَبْعَ سَمَاوَاتٍ ۚ
وَهُوَ بِكُلِّ شَيْءٍ عَلِيمٌ ﴿٢٩﴾

29. ਓਹੀਓ ਤਾਂ (ਅੱਲਾਹ) ਹੈ ਜਿਸ ਨੇ ਤੁਹਾਡੇ ਲਈ ਉਹ ਸਭ ਕੁੱਝ ਪੈਦਾ ਕੀਤਾ ਜਿਹੜਾ ਕੁੱਝ ਧਰਤੀ ਵਿਚ ਹੈ। ਫਿਰ ਉਸ ਨੇ ਅਕਾਸ਼ ਵੱਲ ਧਿਆਨ ਦਿੱਤਾ ਅਤੇ ਠੀਕ ਸੰਵਾਰ ਕੇ ਸੱਤ ਅਕਾਸ਼ ਬਣਾਏ ਅਤੇ ਉਹ (ਅੱਲਾਹ) ਹਰ ਚੀਜ਼ ਨੂੰ ਭਲੀ-ਭਾਂਤ ਜਾਣਨ ਵਾਲਾ ਹੈ।

وَإِذْ قَالَ رَبُّكَ لِلْمَلَائِكَةِ إِنِّي جَاعِلٌ فِي الْأَرْضِ
خَلِيفَةً ۖ قَالُوا أَتَجْعَلُ فِيهَا مَنْ يُفْسِدُ فِيهَا
وَيَسْفِكُ الدِّمَاءَ وَنَحْنُ نُسَبِّحُ بِحَمْدِكَ
وَنُقَدِّسُ لَكَ ۖ قَالَ إِنِّي أَعْلَمُ مَا لَا تَعْلَمُونَ ﴿٣٠﴾

30. ਅਤੇ (ਯਾਦ ਕਰੋ ਉਸ ਸਮੇਂ ਨੂੰ) ਜਦੋਂ ਤੁਹਾਡੇ ਰੱਬ ਨੇ ਫ਼ਰਿਸ਼ਤਿਆਂ ਨੂੰ ਆਖਿਆ ਸੀ ਕਿ ਮੈਂ ਧਰਤੀ ਉੱਤੇ ਇਕ ਖ਼ਲੀਫ਼ਾ (ਪ੍ਰਤੀਨਿਧੀ) ਬਣਾਉਣ ਵਾਲਾ ਹਾਂ ਤਾਂ ਉਹਨਾਂ (ਫ਼ਰਿਸ਼ਤਿਆਂ ਨੇ) ਕਿਹਾ, ਕੀ ਤੁਸੀਂ ਧਰਤੀ ਦਾ (ਖ਼ਲੀਫ਼ਾ) ਉਸ ਨੂੰ ਬਣਾਉਗੇ ਜਿਹੜਾ ਇਸ ਵਿਚ ਫ਼ਸਾਦ ਅਤੇ ਖ਼ੂਨ ਖ਼ਰਾਬਾ ਕਰੇਗਾ? ਅਸੀਂ ਤੁਹਾਡੀ ਸ਼ਲਾਘਾ ਸਹਿਤ ਉਸਤਤ ਕਰਦੇ ਹੋਏ ਤੁਹਾਡੀ ਪਵਿੱਤਰਤਾ ਦੇ ਗੁਣਗਾਣ ਬਿਆਨ ਕਰਦੇ ਹਾਂ। ਅੱਲਾਹ ਨੇ ਆਖਿਆ ਕਿ ਬੇਸ਼ੱਕ ਮੈਂ ਉਹ ਸਭ ਜਾਣਦਾ ਹਾਂ ਜੋ ਤੁਸੀਂ ਨਹੀਂ ਜਾਣਦੇ।

وَعَلَّمَ آدَمَ الْأَسْمَاءَ كُلَّهَا ثُمَّ عَرَضَهُمْ عَلَى
الْمَلَائِكَةِ فَقَالَ أَنْبِئُونِي بِأَسْمَاءِ هَٰؤُلَاءِ إِنْ
كُنْتُمْ صَادِقِينَ ﴿٣١﴾

31. ਫਿਰ ਉਸ (ਅੱਲਾਹ) ਨੇ (ਆਦਮ ਨੂੰ) ਸਾਰੀਆਂ ਚੀਜ਼ਾਂ ਦੇ ਨਾਂ ਸਿਖਾਏ ਫਿਰ ਉਸ (ਆਦਮ) ਨੂੰ ਫ਼ਰਿਸ਼ਤਿਆਂ ਦੇ ਅੱਗੇ ਪੇਸ਼ ਕੀਤਾ ਅਤੇ ਕਿਹਾ ਕਿ ਜੇ ਤੁਸੀਂ ਸੱਚੇ ਹੋ ਤਾਂ ਰਤਾ ਮੈਨੂੰ ਇਹਨਾਂ ਚੀਜ਼ਾਂ ਦੇ ਨਾਂ ਦੱਸੋ।

32. ਉਹਨਾਂ (ਫ਼ਰਿਸ਼ਤਿਆਂ) ਨੇ ਕਿਹਾ ਕਿ ਤੇਰੀ ਜ਼ਾਤ ਪਾਕ ਹੈ, ਸਾਡਾ ਗਿਆਨ ਇਸ ਤੋਂ ਛੁੱਟ ਹੋਰ ਕੁੱਝ ਵੀ ਨਹੀਂ ਜੋ ਸਾਨੂੰ ਤੁਸੀਂ ਸਿਖਾਇਆ ਹੈ। ਬੇਸ਼ੱਕ ਤੂੰ ਹੀ ਪੂਰਾ ਗਿਆਨ ਰੱਖਣ ਵਾਲਾ ਹੈ ਅਤੇ ਹਿਕਮਤ (ਡੂੰਗੀ ਦਾਨਾਈ) ਵਾਲਾ ਹੈ।

قَالُوا سُبْحَٰنَكَ لَا عِلْمَ لَنَآ إِلَّا مَا عَلَّمْتَنَآ ۖ إِنَّكَ أَنتَ ٱلْعَلِيمُ ٱلْحَكِيمُ ﴿٣٢﴾

33. ਅੱਲਾਹ ਨੇ ਆਖਿਆ ਕਿ ਹੇ ਆਦਮ! ਤੂੰ ਰਤਾ ਇਹਨਾਂ (ਫ਼ਰਿਸ਼ਤਿਆਂ) ਨੂੰ ਉਹਨਾਂ ਸਾਰੀਆਂ ਚੀਜ਼ਾਂ ਦੇ ਨਾਂ ਦੱਸ। ਜਦੋਂ ਉਸ (ਆਦਮ) ਨੇ ਉਹਨਾਂ ਨੂੰ ਉਹਨਾਂ ਚੀਜ਼ਾਂ ਦੇ ਨਾਂ ਦੱਸੇ ਤਾਂ ਅੱਲਾਹ ਨੇ ਆਖਿਆ, ਕੀ ਮੈਂ ਤੁਹਾਨੂੰ ਆਖਿਆ ਨਹੀਂ ਸੀ ਕਿ ਮੈਂ ਹੀ ਅਕਾਸ਼ ਤੇ ਧਰਤੀ ਦੀਆਂ ਗੁਪਤ ਗੱਲਾਂ ਨੂੰ ਜਾਣਦਾ ਹਾਂ ਅਤੇ ਉਹ ਸਭ ਜਾਣਦਾ ਹਾਂ ਜੋ ਤੁਸੀਂ ਪ੍ਰਗਟ ਕਰਦੇ ਹੋ ਅਤੇ ਜੋ ਲੁਕਾਉਂਦੇ ਹੋ।

قَالَ يَٰٓـَٔادَمُ أَنۢبِئْهُم بِأَسْمَآئِهِمْ ۖ فَلَمَّآ أَنۢبَأَهُم بِأَسْمَآئِهِمْ قَالَ أَلَمْ أَقُل لَّكُمْ إِنِّىٓ أَعْلَمُ غَيْبَ ٱلسَّمَٰوَٰتِ وَٱلْأَرْضِ وَأَعْلَمُ مَا تُبْدُونَ وَمَا كُنتُمْ تَكْتُمُونَ ﴿٣٣﴾

34. ਜਦੋਂ ਅਸੀਂ ਫ਼ਰਿਸ਼ਤਿਆਂ ਨੂੰ ਹੁਕਮ ਦਿੱਤਾ ਕਿ ਆਦਮ ਨੂੰ ਸਿਜਦਾ ਕਰੋ ਤਾਂ ਛੁੱਟ ਇਬਲੀਸ ਤੋਂ ਸਾਰਿਆਂ ਨੇ ਸਿਜਦਾ ਕਰ ਦਿੱਤਾ, ਸਗੋਂ ਉਸਨੇ ਇਨਕਾਰ ਕਰ ਦਿੱਤਾ ਅਤੇ ਘਮੰਡ ਵੀ ਕੀਤਾ ਅਤੇ (ਇੰਜ) ਉਹ ਕਾਫ਼ਰਾਂ ਵਿੱਚੋਂ ਹੋ ਗਿਆ।

وَإِذْ قُلْنَا لِلْمَلَٰٓئِكَةِ ٱسْجُدُوا لِءَادَمَ فَسَجَدُوٓا إِلَّآ إِبْلِيسَ أَبَىٰ وَٱسْتَكْبَرَ وَكَانَ مِنَ ٱلْكَٰفِرِينَ ﴿٣٤﴾

35. ਅਸੀਂ ਕਿਹਾ ਕਿ ਹੇ ਆਦਮ ਤੂੰ ਅਤੇ ਤੇਰੀ ਪਤਨੀ (ਹੱਵਾ) ਜੰਨਤ ਵਿਚ ਜਾ ਰਹੋ ਅਤੇ ਇਸ ਵਿੱਚੋਂ ਜੀ ਭਰ ਕੇ ਜੋ ਵੀ ਚਾਹੋ ਖਾਓ (ਪਰ) ਇਸ ਰੁੱਖ ਦੇ ਨੇੜੇ ਨਹੀਂ ਜਾਣਾ ਨਹੀਂ ਤਾਂ ਤੁਸੀਂ ਵੀ ਜ਼ਾਲਮਾਂ ਵਿੱਚੋਂ ਹੋ ਜਾਵੋਗੇ।

وَقُلْنَا يَٰٓـَٔادَمُ ٱسْكُنْ أَنتَ وَزَوْجُكَ ٱلْجَنَّةَ وَكُلَا مِنْهَا رَغَدًا حَيْثُ شِئْتُمَا وَلَا تَقْرَبَا هَٰذِهِ ٱلشَّجَرَةَ فَتَكُونَا مِنَ ٱلظَّٰلِمِينَ ﴿٣٥﴾

36. ਪਰ ਸ਼ੈਤਾਨ ਨੇ ਉਹਨਾਂ ਦੋਵਾਂ ਨੂੰ ਉਸ ਰੁੱਖ ਵੱਲ ਪ੍ਰੇਰ ਕੇ ਉੱਥੋਂ (ਜੰਨਤ ਵਿੱਚੋਂ) ਕਢਵਾ ਦਿੱਤਾ। ਅਸੀਂ ਹੁਕਮ ਦਿੱਤਾ ਕਿ (ਤੁਸੀਂ ਦੋਵੇਂ) ਇੱਥੋਂ (ਅਕਾਸ਼ ਤੋਂ) ਉੱਤਰ ਜਾਓ, ਤੁਸੀਂ ਦੋਵੇਂ (ਮਨੁੱਖ ਤੇ ਸ਼ੈਤਾਨ)

فَأَزَلَّهُمَا ٱلشَّيْطَٰنُ عَنْهَا فَأَخْرَجَهُمَا مِمَّا كَانَا فِيهِ ۖ وَقُلْنَا ٱهْبِطُوا بَعْضُكُمْ لِبَعْضٍ عَدُوٌّ ۖ وَلَكُمْ فِى ٱلْأَرْضِ مُسْتَقَرٌّ وَمَتَٰعٌ إِلَىٰ حِينٍ ﴿٣٦﴾

ਇਕ ਦੂਜੇ ਦੇ ਵੈਰੀ ਹੋ ਅਤੇ ਤੁਹਾਡੇ ਰੈਣ ਦਾ ਟਿਕਾਣਾ ਧਰਤੀ ਹੈ ਜਿੱਥੋਂ ਤੁਹਾਨੇ ਇਕ (ਨਿਸ਼ਚਿਤ) ਸਮੇਂ ਲਈ ਉਸ ਤੋਂ ਲਾਭ ਉਠਾਉਣਾ ਹੈ।

فَتَلَقَّىٰ آدَمُ مِن رَّبِّهِ كَلِمَاتٍ فَتَابَ عَلَيْهِ ۚ
إِنَّهُ هُوَ التَّوَّابُ الرَّحِيمُ ﴿٣٧﴾

37 ਫਿਰ ਆਦਮ ਨੇ ਆਪਣੇ ਰੱਬ ਤੋਂ (ਤੌਬਾ ਕਰਨ ਲਈ) ਕੁੱਝ ਬੋਲ ਸਿੱਖੇ ਅਤੇ ਅੱਲਾਹ ਨੇ ਮਿਹਰਬਾਨੀ ਕਰਦੇ ਹੋਏ ਉਸ ਦੀ ਤੌਬਾ ਵੱਲ ਧਿਆਨ ਦਿੱਤਾ।[1] ਬੇਸ਼ੱਕ ਉਹੀ ਤੌਬਾ ਨੂੰ ਕਬੂਲਣ ਵਾਲਾ, ਅਤਿਅੰਤ ਰਹਿਮ ਫ਼ਰਮਾਉਣ ਵਾਲਾ ਹੈ।

قُلْنَا اهْبِطُوا مِنْهَا جَمِيعًا ۖ فَإِمَّا يَأْتِيَنَّكُم مِّنِّي
هُدًى فَمَن تَبِعَ هُدَايَ فَلَا خَوْفٌ عَلَيْهِمْ
وَلَا هُمْ يَحْزَنُونَ ﴿٣٨﴾

38. ਅਸੀਂ ਕਿਹਾ ਕਿ ਤੁਸੀਂ ਇੱਥੋਂ (ਅਕਾਸ਼ਾਂ ਤੋਂ) ਹੇਠ ਉਤਰ ਜਾਓ। ਜਦੋਂ ਤੁਹਾਡੇ ਕੋਲ ਮੇਰੇ ਵੱਲੋਂ ਕੋਈ ਹਿਦਾਇਤ ਪਹੁੰਚੇ ਤਾਂ ਜਿਹੜਾ ਵੀ ਕੋਈ ਮੇਰੀ ਇਸ ਹਿਦਾਇਤ ਦੀ ਪਾਲਣਾ ਕਰੇਗਾ ਉਸ ਨੂੰ (ਕਿਆਮਤ ਦਿਹਾੜੇ) ਨਾ ਤਾਂ ਕਿਸੇ ਤਰ੍ਹਾਂ ਦਾ ਕੋਈ ਡਰ ਤੇ ਹਵੇਗਾ ਅਤੇ ਨਾ ਹੀ ਕੋਈ ਦੁੱਖ ਹੋਵੇਗਾ।

وَالَّذِينَ كَفَرُوا وَكَذَّبُوا بِآيَاتِنَا أُولَٰئِكَ أَصْحَابُ
النَّارِ ۖ هُمْ فِيهَا خَالِدُونَ ﴿٣٩﴾

39 ਅਤੇ ਜਿਨ੍ਹਾਂ ਲੋਕਾਂ ਨੇ ਇਨਕਾਰ ਕੀਤਾ ਅਤੇ ਸਾਡੀਆਂ ਆਇਤਾਂ (ਹੁਕਮਾਂ) ਨੂੰ ਝੁਠਲਾਇਆ ਉਹੀ ਨਰਕ ਵਿਚ ਜਾਣਗੇ ਜਿੱਥੇ ਉਹ ਸਦਾ ਲਈ ਰਹਿਣਗੇ।

يَا بَنِي إِسْرَائِيلَ اذْكُرُوا نِعْمَتِيَ الَّتِي أَنْعَمْتُ
عَلَيْكُمْ وَأَوْفُوا بِعَهْدِي أُوفِ بِعَهْدِكُمْ
وَإِيَّايَ فَارْهَبُونِ ﴿٤٠﴾

40. ਹੇ ਬਨੀ ਇਸਰਾਈਲ! ਤੁਸੀਂ ਰਤਾ ਮੇਰੀ ਉਸ ਨਿਆਮਤ ਨੂੰ ਯਾਦ ਕਰ ਜੋ ਮੈਨੇ ਤੁਹਾਨੂੰ ਇਨਾਮ ਵਜੋਂ ਬਖ਼ਸ਼ੀ ਸੀ ਮੇਰੇ ਨਾਲ ਤੁਹਾਡੇ ਜੋ ਪ੍ਰਣ ਸੀ ਤੁਸੀਂ ਉਸ ਨੂੰ ਪੂਰਾ ਕਰੋ ਜੋ ਬਚਨ ਮੈਂ ਤੁਹਾਨੂੰ ਦਿੱਤਾ ਸੀ ਮੈਂ ਉਸ ਨੂੰ ਪੂਰਾ ਕਰਾਂਗਾ ਅਤੇ ਮੈਥੋਂ ਹੀ ਡਰੋ।

[1] ਇਸ ਤੋਂ ਭਾਵ ਉਹ ਤੌਬਾ ਦੇ ਸ਼ਬਦ ਹਨ ਜਿਸ ਦੁਆਰਾ ਹਜ਼ਰਤ ਆਦਮ ਨੇ ਦੁਆ ਕੀਤੀ ਸੀ। ਇਹ ਤੌਬਾ ਦੇ ਸ਼ਬਦ ਆਰਾਫ਼ ਸੂਰਤ ਦੀ ਆਇਤ 23 ਵਿਚ ਦਰਜ ਹਨ।

41. ਅਤੇ ਇਸ (ਕੁਰਆਨ) 'ਤੇ ਈਮਾਨ ਲਿਆਉ ਜਿਸ ਨੂੰ ਮੈਂ ਹੀ ਨਾਜ਼ਿਲ ਕੀਤਾ ਹੈ ਜੋ ਕਿ ਉਸ ਕਿਤਾਬ (ਤੌਰੇਤ ਅਤੇ ਇੰਜੀਲ) ਦੀ ਪੁਸ਼ਟੀ ਕਰਨ ਵਾਲਾ ਹੈ ਜੋ ਤੁਹਾਡੇ ਕੋਲ ਹੈ। ਤੁਸੀਂ ਇਸ ਦਾ ਇਨਕਾਰ ਕਰਨ ਵਿਚ ਪਹਿਲ ਨਾ ਕਰੋ ਅਤੇ ਮੇਰੀਆਂ ਆਇਤਾਂ (ਆਦੇਸ਼ਾਂ) ਨੂੰ ਥੋੜ੍ਹੇ ਮੁੱਲ ਉੱਤੇ ਨਾ ਵੇਚ ਸੁੱਟੋ ਅਤੇ ਮੈਥੋਂ ਹੀ ਡਰੋ।

وَءَامِنُوا۟ بِمَآ أَنزَلْتُ مُصَدِّقًا لِّمَا مَعَكُمْ وَلَا تَكُونُوٓا۟ أَوَّلَ كَافِرٍۭ بِهِۦ ۖ وَلَا تَشْتَرُوا۟ بِـَٔايَٰتِى ثَمَنًا قَلِيلًا وَإِيَّٰىَ فَٱتَّقُونِ ﴿٤١﴾

42 ਅਤੇ ਸੱਚਾਈ ਨੂੰ ਝੂਠ ਨਾਲ ਰੌਲਮਲ ਨਾ ਕਰੋ ਅਤੇ ਸੱਚਾਈ ਨੂੰ ਨਾ ਲੁਕਾਓ ਜਦ ਕਿ ਤੁਸੀਂ (ਸੱਚਾਈ ਨੂੰ) ਜਾਣਦੇ ਹੋ।[1]

وَلَا تَلْبِسُوا۟ ٱلْحَقَّ بِٱلْبَٰطِلِ وَتَكْتُمُوا۟ ٱلْحَقَّ وَأَنتُمْ تَعْلَمُونَ ﴿٤٢﴾

43 ਨਮਾਜ਼ ਕਾਇਮ ਕਰੋ, ਜ਼ਕਾਤ ਅਦਾ ਕਰੋ ਅਤੇ ਰੁਕੂਅ ਕਰਨ ਵਾਲਿਆਂ ਨਾਲ ਰੁਕੂਅ ਕਰੋ।

وَأَقِيمُوا۟ ٱلصَّلَوٰةَ وَءَاتُوا۟ ٱلزَّكَوٰةَ وَٱرْكَعُوا۟ مَعَ ٱلرَّٰكِعِينَ ﴿٤٣﴾

44. ਤੁਸੀਂ ਲੋਕਾਂ ਨੂੰ ਤਾਂ ਭਲਾਈਆਂ (ਨੇਕੀਆਂ) ਦਾ ਹੁਕਮ ਦਿੰਦੇ ਹੋ ਪਰ ਆਪਣੇ ਆਪ ਨੂੰ ਭੁੱਲ ਜਾਂਦੇ ਹੋ ਜਦੋਂ ਕਿ ਤੁਸੀਂ ਕਿਤਾਬ ਵੀ ਪੜ੍ਹਦੇ ਹੋ। ਕੀ ਤੁਹਾਨੂੰ ਉੱਕਾ ਹੀ ਸਮਝ ਨਹੀਂ?

أَتَأْمُرُونَ ٱلنَّاسَ بِٱلْبِرِّ وَتَنسَوْنَ أَنفُسَكُمْ وَأَنتُمْ تَتْلُونَ ٱلْكِتَٰبَ ۚ أَفَلَا تَعْقِلُونَ ﴿٤٤﴾

---

[1] ਇਸ ਤੋਂ ਭਾਵ ਨਬੀ ਕਰੀਮ ਸ: ਦੀਆਂ ਉਹ ਖੂਬੀਆਂ ਹਨ ਜਿਹੜੀਆਂ ਤੌਰੇਤ ਤੇ ਇੰਜੀਲ ਵਿਚ ਲਿਖੀਆਂ ਹੋਈਆਂ ਹਨ ਜਿਵੇਂ 'ਹੇ ਨਬੀ ਅਸੀਂ ਤੁਹਾਨੂੰ ਹੱਕ ਦਾ ਪ੍ਰਗਟਾਵਾ, ਖੁਸ਼ਖਬਰੀ ਸੁਣਾਉਣ ਵਾਲਾ ਅਤੇ ਡਰਾਉਣ ਵਾਲਾ (ਬਣਾ ਕੇ ਭੇਜਿਆ ਹੈ) ਅਤੇ ਉੱਮੀਆਂ (ਅਰਬਾਂ) ਨੂੰ (ਆਖ਼ਿਰਤ ਦੇ ਅਜ਼ਾਬ ਤੋਂ) ਬਚਾਉਣ ਵਾਲਾ ਤੂੰ ਮੇਰਾ ਬੰਦਾ ਅਤੇ ਮੇਰਾ ਰਸੂਲ ਹੈ। ਮੈਂ ਤੇਰਾ ਨਾਂ ਮੁਤਵੱਕਲ ਰੱਖਿਆ ਹੈ। ਉਹ ਨਾ ਹੀ ਅਸ਼ਲੀਲ ਭਾਸ਼ਾ ਬੋਲਦਾ ਹੈ ਅਤੇ ਨਾ ਹੀ ਕਠੋਰ ਦਿਲ ਹੈ, ਨਾ ਹੀ ਬਜ਼ਾਰਾਂ ਵਿਚ ਰੌਲਾ ਰੱਪਾ ਪਾਉਣ ਵਾਲਾ ਹੈ ਅਤੇ ਨਾ ਹੀ ਬੁਰਾਈ ਦਾ ਬਦਲਾ ਬੁਰਾਈ ਵਿਚ ਦਿੰਦਾ ਹੈ, ਸਗੋਂ ਅਣਦੇਖੀ ਕਰਨ ਵਾਲਾ ਅਤੇ ਮੁਆਫ਼ ਕਰਨ ਵਾਲਾ ਹੈ। ਅੱਲਾਹ ਉਸ ਨੂੰ ਉਸ ਸਮੇਂ ਤਕ ਨਹੀਂ ਉਠਾਵੇਗਾ ਜਦੋਂ ਤਕ ਉਹ ਉਸ ਵਿਗੜੀ ਹੋਈ ਕੌਮ ਨੂੰ ਸਿੱਧਾ ਨਾ ਕਰ ਦੇਵੇ ਭਾਵ ਇਹ ਲੋਕ (ਲਾ ਇਲਾਹਾ ਇੱਲਲ ਲਾਹ) ਨਾ ਆਖਣ ਲੱਗਣ ਅਤੇ ਉਸ ਦੀ ਬਰਕਤ ਨਾਲ ਅੰਨ੍ਹੀਆਂ ਅੱਖਾਂ, ਬੋਲੇ ਕੰਨ ਅਤੇ ਗ਼ਲਾਫ਼ਾਂ ਵਿਚ ਬੰਦ ਹੋਏ ਦਿਲ ਨਾ ਖੁੱਲ੍ਹ ਜਾਣ। (ਸਹੀ ਬੁਖ਼ਾਰੀ, ਹਦੀਸ 2125)

[2] ਹਦੀਸ ਅਨੁਸਾਰ ਕਿਆਮਤ ਵਾਲੇ ਦਿਨ ਇਕ ਵਿਅਕਤੀ ਨੂੰ ਨਰਕ ਵਿਚ ਸੁੱਟ ਦਿੱਤਾ ਜਾਵੇਗਾ ਉਹ ਇਸ ਵਿਚ ਇੰਜ ਚੱਕਰ ਖਾਂਦਾ ਰਹੇਗਾ ਜਿਵੇਂ ਚੱਕੀ ਦੇ ਪਾਟ ਘੁਮਾਉਣ ਵਾਲਾ ਘੋੜਾ ਚੱਕਰ ਖਾਂਦਾ ਹੈ। ਨਰਕ ਦੇ ਵਾਸੀ ਉਸ ਦੇ ਆਲੇ ਦੁਆਲੇ ਜਮ੍ਹਾਂ ਹੋ ਕੇ ਪੁੱਛਣਗੇ ਕੀ ਤੂੰ ਉਹੀਓ ਹੈਂ ਜਿਹੜਾ ਸੰਸਾਰ ਵਿਚ ਨੇਕੀ ਦਾ ਹੁਕਮ ਦਿੰਦਾ ਸੀ ਅਤੇ ਬੁਰਾਈ ਤੋਂ ਰੋਕਦਾ ਸੀ? ਉਹ ਜਵਾਬ ਵਿਚ ਕਹੇਗਾ "ਮੈਂ ਭਲਾਈ ਦਾ ਹੁਕਮ ਤਾਂ ਦਿੰਦਾ ਸੀ ਪਰ ਆਪ ਉਸ 'ਤੇ ਅਮਲ ਨਹੀਂ ਸੀ ਕਰਦਾ ਅਤੇ ਬੁਰਾਈ ਤੋਂ ਰੋਕਦਾ ਸੀ ਪਰ ਆਪ ਬੁਰੇ ਕੰਮ ਕਰਦਾ ਸੀ।" (ਸਹੀ ਬੁਖ਼ਾਰੀ, ਹਦੀਸ 7098)

45 ਤੁਸੀਂ ਸਬਰ ਤੇ ਨਮਾਜ਼ ਰਾਹੀਂ ਅੱਲਾਹ ਦੀ ਮਦਦ ਮੰਗੋ। ਬੇਸ਼ੱਕ ਇਹ ਬਹੁਤ ਔਖਾ ਕੰਮ ਹੈ ਪਰ ਰੱਬ ਤੋਂ ਡਰਨ ਵਾਲਿਆਂ ਲਈ (ਔਖਾ) ਨਹੀਂ।

وَاسْتَعِينُوا بِالصَّبْرِ وَالصَّلَوٰةِ ۚ وَإِنَّهَا لَكَبِيرَةٌ إِلَّا عَلَى الْخَاشِعِينَ ﴿٤٥﴾

46. (ਉਹਨਾਂ ਲਈ ਵੀ ਔਖਾ ਨਹੀਂ) ਜਿਹੜੇ ਲੋਕ ਇਸ ਗੱਲ ਵਿਚ ਵਿਸ਼ਵਾਸ ਰੱਖਦੇ ਹਨ ਕਿ ਉਹ ਆਪਣੇ ਰੱਬ ਨੂੰ ਜ਼ਰੂਰ ਹੀ (ਇਕ ਦਿਨ) ਮਿਲਣ ਵਾਲੇ ਹਨ ਅਤੇ ਉਸੇ ਵੱਲ ਪਰਤ ਕੇ ਜਾਣ ਵਾਲੇ ਹਨ।

الَّذِينَ يَظُنُّونَ أَنَّهُم مُّلَاقُوا رَبِّهِمْ وَأَنَّهُمْ إِلَيْهِ رَاجِعُونَ ﴿٤٦﴾

47 ਹੇ ਬਨੀ ਇਸਰਾਈਲ! ਤੁਸੀਂ ਮੇਰੀ ਉਸ ਨਿਆਮਤ ਨੂੰ ਯਾਦ ਕਰੋ ਜਿਹੜੀ ਮੈਂਨੇ ਤੁਹਾਨੂੰ ਬਖ਼ਸ਼ੀ ਸੀ ਮੈਂਨੇ ਤੁਹਾਨੂੰ ਸੰਸਾਰ ਦੀਆਂ ਸਾਰੀਆਂ ਕੌਮਾਂ ਤੋਂ ਵੱਧ ਵਡਿਆਈ ਬਖ਼ਸ਼ੀ ਸੀ।

يَا بَنِي إِسْرَائِيلَ اذْكُرُوا نِعْمَتِيَ الَّتِي أَنْعَمْتُ عَلَيْكُمْ وَأَنِّي فَضَّلْتُكُمْ عَلَى الْعَالَمِينَ ﴿٤٧﴾

48 ਅਤੇ ਉਸ ਦਿਨ (ਕਿਆਮਤ) ਤੋਂ ਡਰੋ ਜਦੋਂ ਕੋਈ ਜਾਨ ਕਿਸੇ ਦੂਜੀ ਜਾਨ ਨੂੰ ਕੋਈ ਲਾਭ ਨਹੀਂ ਦਵੇਗੀ ਅਤੇ ਨਾ ਹੀ ਕੋਈ ਸਿਫ਼ਾਰਸ਼ ਕਬੂਲੀ ਜਾਵੇਗੀ ਅਤੇ ਨਾ ਹੀ ਬਦਲੇ ਵਿਚ ਕੁੱਝ ਲਿਆ ਜਾਵੇਗਾ ਅਤੇ ਨਾ ਹੀ ਉਹਨਾਂ (ਕਾਫ਼ਰਾਂ) ਦੀ ਮਦਦ ਕੀਤੀ ਜਾਵੇਗੀ।

وَاتَّقُوا يَوْمًا لَّا تَجْزِي نَفْسٌ عَن نَّفْسٍ شَيْئًا وَلَا يُقْبَلُ مِنْهَا شَفَاعَةٌ وَلَا يُؤْخَذُ مِنْهَا عَدْلٌ وَلَا هُمْ يُنصَرُونَ ﴿٤٨﴾

49 ਅਤੇ (ਉਹ ਸਮਾਂ ਵੀ ਯਾਦ ਕਰੋ) ਜਦੋਂ ਅਸੀਂ ਤੁਹਾਨੂੰ ਫ਼ਿਰਔਨੀਆਂ (ਦੀ ਗ਼ੁਲਾਮੀ) ਤੋਂ ਛੁਟਕਾਰਾ ਦੁਆਇਆ ਸੀ। ਉਹ ਤੁਹਾਨੂੰ ਕਰੜੇ ਕਸ਼ਟ ਦਿੰਦੇ ਸਨ ਤੁਹਾਡੇ ਪੁੱਤਰਾਂ ਨੂੰ ਮਾਰ ਦਿੰਦੇ ਸਨ ਅਤੇ ਤੁਹਾਡੀਆਂ ਧੀਆਂ ਨੂੰ ਜਿਊਂਦਾ ਰੱਖ ਛੱਡਦੇ ਸਨ ਅਤੇ ਇਸ ਵਿਚ ਤੁਹਾਡੇ ਰੱਬ ਵੱਲੋਂ ਤੁਹਾਡੀ ਬਹੁਤ ਵੱਡੀ ਅਜ਼ਮਾਇਸ਼ ਸੀ।

وَإِذْ نَجَّيْنَاكُم مِّنْ آلِ فِرْعَوْنَ يَسُومُونَكُمْ سُوءَ الْعَذَابِ يُذَبِّحُونَ أَبْنَاءَكُمْ وَيَسْتَحْيُونَ نِسَاءَكُمْ ۚ وَفِي ذَٰلِكُم بَلَاءٌ مِّن رَّبِّكُمْ عَظِيمٌ ﴿٤٩﴾

50. (ਉਹ ਸਮਾਂ ਵੀ ਯਾਦ ਕਰੋ) ਜਦੋਂ ਅਸੀਂ ਤੁਹਾਡੇ (ਲੰਘਣ) ਲਈ ਸਾਗਰ ਨੂੰ ਪਾੜ ਦਿੱਤਾ ਸੀ, ਫਿਰ ਅਸੀਂ ਤੁਹਾਨੂੰ (ਫ਼ਿਰਔਨ ਤੋਂ) ਬਚਾਇਆ ਅਤੇ

وَإِذْ فَرَقْنَا بِكُمُ الْبَحْرَ فَأَنجَيْنَاكُمْ وَأَغْرَقْنَا آلَ فِرْعَوْنَ وَأَنتُمْ تَنظُرُونَ ﴿٥٠﴾

ਫ਼ਿਰਔਨੀਆਂ ਨੂੰ (ਸਮੁੰਦਰ ਵਿਚ) ਡੋਬ ਦਿੱਤਾ ਜਦ ਕਿ ਤੁਸੀਂ (ਇਹ ਸਭ) ਆਪਣੀ ਅੱਖੀਂ ਵੇਖ ਰਹੇ ਸੀ।

وَإِذْ وٰعَدْنَا مُوسٰىٓ أَرْبَعِينَ لَيْلَةً ثُمَّ اتَّخَذْتُمُ
الْعِجْلَ مِنْ بَعْدِهٖ وَأَنْتُمْ ظٰلِمُونَ ﴿٥١﴾

51 (ਉਹ ਸਮਾਂ ਵੀ ਯਾਦ ਕਰੋ) ਜਦੋਂ ਅਸੀਂ ਮੂਸਾ ਨੂੰ ਚਾਲ੍ਹੀ ਰਾਤਾਂ ਦੇ ਵਾਅਦੇ ਉੱਤੇ (ਤੂਰ ਪਹਾੜ 'ਤੇ) ਬੁਲਾਇਆ ਸੀ। ਪਰ ਮੂਸਾ ਦੇ ਪਿੱਛੋਂ ਤੁਸੀਂ ਵੱਛੇ ਨੂੰ ਇਸ਼ਟ ਬਣਾ ਲਿਆ (ਇੰਜ) ਤੁਸੀਂ ਜ਼ਾਲਮ ਬਣ ਬੈਠੇ।

ثُمَّ عَفَوْنَا عَنْكُمْ مِّنْ بَعْدِ ذٰلِكَ لَعَلَّكُمْ
تَشْكُرُونَ ﴿٥٢﴾

52. ਫਿਰ ਇਹ ਸਭ ਹੋਣ ਤੋਂ ਬਾਅਦ ਵੀ ਅਸੀਂ ਤੁਹਾਨੂੰ ਮੁਆਫ਼ ਕਰ ਦਿੱਤਾ ਤਾਂ ਜੋ ਤੁਸੀਂ ਧੰਨਵਾਦੀ ਬਣ ਜਾਓ।

وَإِذْ اٰتَيْنَا مُوسَى الْكِتٰبَ وَالْفُرْقَانَ لَعَلَّكُمْ
تَهْتَدُونَ ﴿٥٣﴾

53 ਫਿਰ ਅਸੀਂ ਮੂਸਾ ਨੂੰ ਕਿਤਾਬ (ਤੌਰੈਤ) ਅਤੇ ਫ਼ੁਰਕਾਨ (ਹੱਕ ਤੇ ਨਾਹੱਕ ਵਿਚ ਅੰਤਰ ਦੱਸਣ ਵਾਲੀ ਕਸੌਟੀ) ਬਖ਼ਸ਼ੀ ਤਾਂ ਜੋ ਤੁਸੀਂ ਹਿਦਾਇਤ ਪ੍ਰਾਪਤ ਕਰ ਸਕੋ।

وَإِذْ قَالَ مُوسٰى لِقَوْمِهٖ يٰقَوْمِ إِنَّكُمْ ظَلَمْتُمْ
أَنْفُسَكُمْ بِاتِّخَاذِكُمُ الْعِجْلَ فَتُوبُوٓا إِلٰى بَارِئِكُمْ
فَاقْتُلُوٓا أَنْفُسَكُمْ ذٰلِكُمْ خَيْرٌ لَّكُمْ عِنْدَ بَارِئِكُمْ
فَتَابَ عَلَيْكُمْ إِنَّهٗ هُوَ التَّوَّابُ الرَّحِيمُ ﴿٥٤﴾

54 ਜਦੋਂ ਮੂਸਾ ਨੇ ਆਪਣੀ ਕੌਮ ਨੂੰ ਆਖਿਆ ਕਿ ਹੇ ਮੇਰੀ ਕੌਮ ਬੇਸ਼ੱਕ ਤੁਸੀਂ ਆਪਣੇ ਉੱਤੇ ਆਪ ਹੀ ਜ਼ੁਲਮ ਕੀਤਾ ਹੈ (ਕਿਉਂ ਜੋ ਤੁਸੀਂ) ਵੱਛੇ ਨੂੰ ਇਸ਼ਟ ਬਣਾਇਆ ਹੈ, ਇਸ ਲਈ ਹੁਣ ਤੁਸੀਂ ਆਪਣੇ ਪੈਦਾ ਕਰਨ ਵਾਲੇ ਦੀ ਹਜ਼ੂਰੀ ਵਿਚ ਤੌਬਾ ਕਰੋ ਅਤੇ ਆਪਣੇ ਆਪ ਨੂੰ ਕਤਲ ਕਰੋ ਇਸ ਵਿਚ ਹੀ ਤੁਹਾਡੇ ਪੈਦਾ ਕਰਨ ਵਾਲੇ ਦੀਆਂ ਨਜ਼ਰਾਂ ਵਿਚ ਤੁਹਾਡੀ ਭਲਾਈ ਹੈ ਫਿਰ ਉਸ (ਅੱਲਾਹ) ਨੇ ਤੁਹਾਡੇ ਵੱਲ ਧਿਆਨ ਦਿੱਤਾ। ਬੇਸ਼ੱਕ ਓਹੀਓ ਤੌਬਾ ਕਬੂਲਣ ਵਾਲਾ, ਅਤਿਅੰਤ ਰਹਿਮ ਫ਼ਰਮਾਉਣ ਵਾਲਾ ਹੈ।

وَإِذْ قُلْتُمْ يٰمُوسٰى لَنْ نُّؤْمِنَ لَكَ حَتّٰى نَرَى اللّٰهَ
جَهْرَةً فَأَخَذَتْكُمُ الصّٰعِقَةُ وَأَنْتُمْ تَنْظُرُونَ ﴿٥٥﴾

55. (ਉਸ ਸਮੇਂ ਨੂੰ ਯਾਦ ਕਰੋ) ਜਦੋਂ ਤੁਸੀਂ ਆਖਿਆ, ਕਿ ਹੇ ਮੂਸਾ! ਅਸੀਂ ਕਦੇ ਵੀ ਤੁਹਾਡੇ ਉੱਤੇ ਈਮਾਨ ਨਹੀਂ ਲਿਆਵਾਂਗੇ ਜਦੋਂ ਤਕ ਕਿ ਅਸੀਂ ਅੱਲਾਹ ਨੂੰ ਆਪਣੇ ਸਾਹਮਣੇ (ਅੱਖੀਂ) ਨਾ

ਵੇਖ ਲਈਏ। ਤੁਹਾਨੂੰ (ਉਸੇ ਸਮੇਂ) ਬਿਜਲੀ ਨੇ ਆ ਨੱਪਿਆ ਅਤੇ ਤੁਸੀਂ ਇਹ ਸਭ ਵੇਖ ਰਹੇ ਸੀ।

56. ਫਿਰ ਅਸੀਂ ਤੁਹਾਡੀ ਮੌਤ ਮਗਰੋਂ ਤੁਹਾਨੂੰ ਮੁੜ ਜਿਊਂਦਾ ਕੀਤਾ ਤਾਂ ਜੋ ਤੁਸੀਂ (ਰੱਬ ਦਾ) ਸ਼ੁਕਰ ਅਦਾ ਕਰੋ।

ثُمَّ بَعَثْنَاكُم مِّن بَعْدِ مَوْتِكُمْ لَعَلَّكُمْ تَشْكُرُونَ ﴿٥٦﴾

57. ਅਸੀਂ ਤੁਹਾਡੇ ਉੱਤੇ ਬੱਦਲਾਂ ਦੀ ਛਾਂ ਕੀਤੀ ਅਤੇ ਤੁਹਾਡੇ ਖਾਣ ਲਈ ਮੰਨ ਅਤੇ ਸਲਵਾਂ ਉਤਾਰੇ ਅਤੇ ਕਿਹਾ ਕਿ ਇਹਨਾਂ ਪਵਿੱਤਰ ਚੀਜ਼ਾਂ ਵਿੱਚੋਂ ਖਾਓ ਜੋ ਅਸੀਂ ਤੁਹਾਨੂੰ ਬਖ਼ਸ਼ੀਆਂ ਹਨ। ਉਨ੍ਹਾਂ ਨੇ ਸਾਡਾ (ਕਹਿਣਾ ਨਾ ਮੰਨ ਕੇ) ਸਾਡੇ 'ਤੇ ਜ਼ੁਲਮ ਨਹੀਂ ਕੀਤਾ ਸਗੋਂ ਆਪਣੇ ਆਪ 'ਤੇ ਹੀ ਜ਼ੁਲਮ ਕੀਤਾ ਸੀ।

وَظَلَّلْنَا عَلَيْكُمُ الْغَمَامَ وَأَنزَلْنَا عَلَيْكُمُ الْمَنَّ
وَالسَّلْوَىٰ ۖ كُلُوا مِن طَيِّبَاتِ مَا رَزَقْنَاكُمْ ۖ وَمَا
ظَلَمُونَا وَلَٰكِن كَانُوا أَنفُسَهُمْ يَظْلِمُونَ ﴿٥٧﴾

58. ਜਦੋਂ ਅਸੀਂ (ਬਨੀ ਇਸਰਾਈਲ ਨੂੰ) ਕਿਹਾ ਕਿ ਤੁਸੀਂ ਇਸ ਬਸਤੀ ਵਿਚ ਦਾਖ਼ਲ ਹੋ ਜਾਓ ਅਤੇ ਇਸ ਵਿਚ ਜਿੱਥੋਂ ਵੀ ਤੁਸੀਂ ਚਾਹੋ ਜੀ ਭਰ ਕੇ ਖਾਓ ਪਰ ਤੁਸੀਂ ਬਸਤੀ ਦੇ ਦਰਵਾਜ਼ੇ ਵਿਚ ਸਿਜਦਾ ਕਰਦੇ ਹੋਏ ਦਾਖ਼ਲ ਹੋਣਾ ਅਤੇ ਕਹਿਣਾ ਕਿ ਹੇ ਅੱਲਾਹ! ਸਾਨੂੰ ਬਖ਼ਸ਼ ਦੇ ਤਾਂ ਅਸੀਂ ਤੁਹਾਡੀਆਂ ਭੁੱਲਾਂ ਨੂੰ ਬਖ਼ਸ਼ ਦੇਵਾਂਗੇ। ਅਸੀਂ ਛੇਤੀ ਹੀ ਨੇਕੀਆਂ ਕਰਨ ਵਾਲਿਆਂ ਨੂੰ ਹੋਰ ਵਧੇਰੇ (ਰਿਜ਼ਕ ਨਾਲ) ਨਿਵਾਜਾਂਗੇ।

وَإِذْ قُلْنَا ادْخُلُوا هَٰذِهِ الْقَرْيَةَ فَكُلُوا مِنْهَا حَيْثُ
شِئْتُمْ رَغَدًا وَادْخُلُوا الْبَابَ سُجَّدًا وَقُولُوا
حِطَّةٌ نَّغْفِرْ لَكُمْ خَطَايَاكُمْ ۚ وَسَنَزِيدُ الْمُحْسِنِينَ ﴿٥٨﴾

59. ਪਰ ਜਿਨ੍ਹਾਂ ਲੋਕਾਂ ਨੇ ਜ਼ੁਲਮ ਕੀਤਾ (ਭਾਵ ਕਹਿਣਾ ਨਹੀਂ ਮੰਨਿਆ) ਉਹਨਾਂ ਨੇ ਉਹ ਗੱਲ ਹੀ ਬਦਲ ਦਿੱਤੀ ਜਿਹੜੀ ਉਹਨਾਂ ਨੂੰ ਕਹੀ ਗਈ ਸੀ ਫਿਰ ਅਸੀਂ ਉਹਨਾਂ ਜ਼ਾਲਮਾਂ ਉੱਤੇ ਅਕਾਸ਼ ਤੋਂ

فَبَدَّلَ الَّذِينَ ظَلَمُوا قَوْلًا غَيْرَ الَّذِي قِيلَ لَهُمْ
فَأَنزَلْنَا عَلَى الَّذِينَ ظَلَمُوا رِجْزًا مِّنَ السَّمَاءِ
بِمَا كَانُوا يَفْسُقُونَ ﴿٥٩﴾

---

[1] ਮੁਜਾਹਿਦ (ਰ:ਅ:) ਨੇ ਕਿਹਾ ਕਿ 'ਮੰਨ' ਇਕ ਰੁੱਖਾਂ ਦੀ ਮਿੱਠੀ ਗੂੰਦ ਹੈ ਅਤੇ ਸਲਵਾ ਬਟੇਰ ਵਾਂਗ ਇਕ ਜਾਨਵਰ ਹੈ। ਨਬੀ ਕਰੀਮ (ਸ:) ਨੇ ਫ਼ਰਮਾਇਆ ਕਿ ਖੁੰਬਾਂ ਵੀ ਮਨ ਦੀ ਹੀ ਇਕ ਕਿਸਮ ਹੈ ਕਿਉਂ ਜੋ ਉਹ ਵੀ ਬਿਨਾ ਮਿਹਨਤ ਮਿਲਦੀਆਂ ਹਨ ਅਤੇ ਇਸ ਵਿਚ ਅੱਖਾਂ 'ਚੋਂ ਪਾਣੀ ਨਿਕਲਣ ਦੇ ਰੋਗ ਦੀ ਦਵਾ ਹੈ। (ਸਹੀ ਬੁਖ਼ਾਰੀ, ਹਦੀਸ: 4478)

ਅਜ਼ਾਬ ਨਾਜ਼ਿਲ ਕੀਤਾ[1] ਕਿਉਂ ਜੋ ਉਹ ਹੁਕਮਾਂ ਦੀ ਉਲੰਘਣਾ ਕਰਦੇ ਸਨ।

60 ਅਤੇ ਜਦੋਂ ਮੂਸਾ ਨੇ ਆਪਣੀ ਕੌਮ ਲਈ (ਰੱਬ ਤੋਂ) ਪਾਣੀ ਮੰਗਿਆ ਤਾਂ ਅਸੀਂ (ਮੂਸਾ ਨੂੰ) ਕਿਹਾ ਕਿ ਆਪਣੀ ਸੋਟੀ ਪੱਥਰ 'ਤੇ ਮਾਰ ਸੋ ਇਸ (ਪੱਥਰ) ਵਿੱਚੋਂ ਬਾਰਾਂ ਚਸ਼ਮੇ ਨਿਕਲੇ, ਹਰ ਕਬੀਲੇ ਨੇ ਆਪਣਾ ਆਪਣਾ ਚਸ਼ਮਾ ਪਛਾਣ ਲਿਆ (ਅਤੇ ਕਿਹਾ ਕਿ) ਅੱਲਾਹ ਦੇ ਬਖ਼ਸ਼ੇ ਹੋਏ ਰਿਜ਼ਕ ਵਿੱਚੋਂ ਖਾਓ ਪਿਓ ਪਰ ਤੁਸੀਂ ਧਰਤੀ ਉੱਤੇ ਫ਼ਸਾਦ ਨਾ ਫੈਲਾਉਂਦੇ ਫਿਰੋ।

وَاِذِ اسْتَسْقٰى مُوْسٰى لِقَوْمِهٖ فَقُلْنَا اضْرِبْ بِّعَصَاكَ
الْحَجَرَ ۭ فَانْفَجَرَتْ مِنْهُ اثْنَتَا عَشْرَةَ عَيْنًا ۭ قَدْ
عَلِمَ كُلُّ اُنَاسٍ مَّشْرَبَهُمْ ۭ كُلُوْا وَاشْرَبُوْا مِنْ
رِّزْقِ اللّٰهِ وَلَا تَعْثَوْا فِى الْاَرْضِ مُفْسِدِيْنَ ﴿٦٠﴾

61. (ਯਾਦ ਕਰੋ) ਜਦੋਂ ਤੁਸੀਂ (ਬਨੀ ਇਸਰਾਈਲ ਨੇ) ਕਿਹਾ ਕਿ ਹੇ ਮੂਸਾ! ਅਸੀਂ ਇੱਕੋ ਭਾਂਤ ਦੇ ਭੋਜਨ ਉੱਤੇ ਸਬਰ ਨਹੀਂ ਕਰ ਸਕਦੇ ਇਸ ਲਈ ਸਾਡੇ ਲਈ ਆਪਣੇ ਰੱਬ ਤੋਂ ਦੁਆ ਕਰੋ ਕਿ ਉਹ ਸਾਡੇ ਖਾਣ ਲਈ ਉਹ ਚੀਜ਼ਾਂ ਦੇਵੇ ਜਿਹੜੀਆਂ ਧਰਤੀ 'ਚੋਂ ਨਿਕਲਦੀਆਂ ਹਨ, ਜਿਵੇਂ ਤਰਕਾਰੀ, ਕੱਕੜੀ, ਕਣਕ, ਮਸਰ ਤੇ ਗੰਢੇ। ਮੂਸਾ ਨੇ ਕਿਹਾ, ਕੀ ਤੁਸੀਂ ਵਧੀਆ ਚੀਜ਼ ਦੀ ਥਾਂ ਘਟੀਆ ਚੀਜ਼ਾਂ ਨੂੰ ਪਸੰਦ ਕਰਦੇ ਹੋ? ਸੋ ਕਿਸੇ ਸ਼ਹਿਰ ਵਿਚ ਚਲੇ ਜਾਓ ਉੱਥੇ ਉਹ ਸਭ ਕੁੱਝ ਹੈ ਜਿਸ ਦੀ ਤੁਸੀਂ ਮੰਗ ਕਰਦੇ ਹੋ ਅਤੇ (ਇਹਨਾਂ ਗੱਲਾਂ ਕਾਰਨ) ਉਹਨਾਂ 'ਤੇ ਹੀਣਤਾ ਤੇ ਕੰਗਾਲਪੁਣਾ ਛਾ ਗਿਆ ਅਤੇ (ਸ਼ਹਿਰੋਂ) ਉਹ ਅੱਲਾਹ ਦੀ ਨਾਰਾਜ਼ਗੀ ਸਹਿੜ ਵਾਪਸ ਆਏ। ਇਹ ਸਭ ਇਸ ਲਈ ਹੋਇਆ

وَاِذْ قُلْتُمْ يٰمُوْسٰى لَنْ نَّصْبِرَ عَلٰى طَعَامٍ وَّاحِدٍ
فَادْعُ لَنَا رَبَّكَ يُخْرِجْ لَنَا مِمَّا تُنْۢبِتُ الْاَرْضُ مِنْۢ
بَقْلِهَا وَقِثَّاۗىِٕهَا وَفُوْمِهَا وَعَدَسِهَا وَبَصَلِهَا ۭ قَالَ
اَتَسْتَبْدِلُوْنَ الَّذِىْ هُوَ اَدْنٰى بِالَّذِىْ هُوَ خَيْرٌ ۭ اِهْبِطُوْا
مِصْرًا فَاِنَّ لَكُمْ مَّا سَاَلْتُمْ ۭ وَضُرِبَتْ عَلَيْهِمُ الذِّلَّةُ
وَالْمَسْكَنَةُ ۤ وَبَاۗءُوْ بِغَضَبٍ مِّنَ اللّٰهِ ۭ ذٰلِكَ بِاَنَّهُمْ
كَانُوْا يَكْفُرُوْنَ بِاٰيٰتِ اللّٰهِ وَيَقْتُلُوْنَ النَّبِيّٖنَ بِغَيْرِ
الْحَقِّ ۭ ذٰلِكَ بِمَا عَصَوْا وَّكَانُوْا يَعْتَدُوْنَ ﴿٦١﴾

---

[1] ਇਸ ਤੋਂ ਭਾਵ ਚੇਚਕ ਦੀ ਬੀਮਾਰੀ ਹੈ। ਹਦੀਸ ਅਨੁਸਾਰ ਚੇਚਕ ਇਕ ਤਰ੍ਹਾਂ ਦਾ ਅਜ਼ਾਬ ਹੈ ਜਿਹੜਾ ਸਭ ਤੋਂ ਪਹਿਲਾਂ ਬਨੀ ਇਸਰਾਈਲ ਦੀ ਇਕ ਜਮਾਅਤ ਉੱਤੇ ਨਾਜ਼ਿਲ ਹੋਇਆ ਸੀ। ਫਿਰ ਜੇ ਕਿਸੇ ਥਾਂ ਚੇਚਕ ਦੀ ਬੀਮਾਰੀ ਹੋਵੇ ਤਾਂ ਉੱਥੇ ਨਾ ਜਾਓ ਜੇਕਰ ਉਸੇ ਥਾਂ ਹੋਵੇ ਤਾਂ ਉੱਥਿਓਂ ਬਾਹਰ ਨਾ ਆਓ। (ਸਹੀ ਬੁਖ਼ਾਰੀ, ਹਦੀਸ: 3473)

ਕਿ ਉਹ ਅੱਲਾਹ ਦੀਆਂ ਆਇਤਾਂ (ਹੁਕਮਾਂ) ਦਾ ਇਨਕਾਰ ਅਤੇ ਨਬੀਆਂ ਨੂੰ ਨਾ-ਹੱਕਾ ਕਤਲ ਕਰਦੇ ਸਨ ਇਹ ਸਭ ਉਹਨਾਂ ਦੀਆਂ ਨਾ-ਫ਼ਰਮਾਨੀਆਂ ਅਤੇ ਹੱਦਾਂ ਟੱਪ ਜਾਣ ਦੇ ਕਾਰਨ ਸੀ।

62 ਬੇਸ਼ੱਕ ਜਿਹੜੇ ਈਮਾਨ ਲਿਆਏ ਅਤੇ ਜੋ ਯਹੂਦੀ, ਈਸਾਈ ਅਤੇ ਸਾਬੀ[1] (ਬੇ-ਦੀਨ) ਹਨ ਇਹਨਾਂ ਵਿੱਚੋਂ ਜਿਹੜਾ ਵੀ ਕੋਈ ਅੱਲਾਹ ਅਤੇ ਆਖ਼ਿਰਤ ਦੇ ਦਿਨ ਉੱਤੇ ਈਮਾਨ ਲਿਆਵੇਗਾ ਅਤੇ ਨੇਕ ਕੰਮ ਕਰੇਗਾ, ਉਹਨਾਂ ਦਾ ਬਦਲਾ ਉਹਨਾਂ ਦੇ ਰੱਬ ਕੋਲ ਹੈ ਨਾ ਤਾਂ ਉਹਨਾਂ ਨੂੰ (ਨਰਕ ਦਾ) ਡਰ ਹੋਵੇਗਾ ਅਤੇ ਨਾ ਹੀ ਉਹ ਉਦਾਸ ਹੋਣਗੇ।

إِنَّ الَّذِينَ آمَنُوا وَالَّذِينَ هَادُوا وَالنَّصَارَىٰ وَالصَّابِئِينَ مَنْ آمَنَ بِاللَّهِ وَالْيَوْمِ الْآخِرِ وَعَمِلَ صَالِحًا فَلَهُمْ أَجْرُهُمْ عِنْدَ رَبِّهِمْ وَلَا خَوْفٌ عَلَيْهِمْ وَلَا هُمْ يَحْزَنُونَ ﴿٦٢﴾

63 ਅਤੇ (ਯਾਦ ਕਰੋ) ਜਦੋਂ ਅਸੀਂ ਤੁਹਾਡੇ ਸਿਰਾਂ 'ਤੇ ਤੂਰ ਪਹਾੜ ਨੂੰ ਝੁਕਾ ਦਿੱਤਾ ਸੀ ਅਤੇ ਤੁਹਾਥੋਂ (ਬਨੀ ਇਸਰਾਈਲ ਕੌਮ ਤੋਂ) ਪੱਕਾ ਬਚਨ ਲਿਆ ਸੀ ਅਤੇ ਅਸੀਂ ਆਖਿਆ ਸੀ ਕਿ ਜੋ ਵੀ ਤੁਹਾਨੂੰ (ਆਦੇਸ਼) ਦਿੱਤੇ ਗਏ ਹਨ ਉਹਨਾਂ ਨੂੰ ਕਰੜਾਈ ਨਾਲ ਫੜਨਾ ਅਤੇ ਜੋ ਇਸ (ਕਿਤਾਬ ਤੌਰੈਤ) ਵਿਚ ਲਿਖਿਆ ਹੋਇਆ ਹੈ ਉਸ ਨੂੰ ਯਾਦ ਰੱਖਣਾ ਤਾਂ ਜੋ ਤੁਸੀਂ (ਅੱਲਾਹ ਦੇ ਕਰੋਪ ਤੋਂ) ਬਚਣ ਵਾਲੇ ਬਣ ਜਾਓ।

وَإِذْ أَخَذْنَا مِيثَاقَكُمْ وَرَفَعْنَا فَوْقَكُمُ الطُّورَ خُذُوا مَا آتَيْنَاكُمْ بِقُوَّةٍ وَاذْكُرُوا مَا فِيهِ لَعَلَّكُمْ تَتَّقُونَ ﴿٦٣﴾

---

[1] "ਸਾਬੀ" ਇਰਾਕ ਦੇ ਵਾਸੀ ਸਨ ਅਤੇ ਜ਼ਬੂਰ ਪੜ੍ਹਿਆ ਕਰਦੇ ਸਨ। ਉਹ ਕੌਮ ਨਾ ਯਹੂਦੀ ਸੀ ਅਤੇ ਨਾਂ ਹੀ ਈਸਾਈ ਸੀ

[2] ਇਸ ਆਇਤ ਅਤੇ ਸੂਰਤ ਮਾਇਦਾਹ ਦੀ ਆਇਤ 69 ਤੋਂ ਕੁੱਝ ਲੋਕਾਂ ਨੇ ਸਾਰੇ ਧਰਮਾਂ ਦੇ ਇਕ ਹੋਣ ਦਾ ਅਰਥ ਕੱਢਿਆ ਹੈ, ਭਾਵ ਸਾਰੇ ਧਰਮ ਸੱਚੇ ਹਨ ਸਚ ਕਿ ਇਹ ਠੀਕ ਨਹੀਂ ਆਇਤ ਤੋਂ ਉੱਕਾ ਹੀ ਇਹ ਅਰਥ ਨਹੀਂ ਨਿਕਲਦਾ ਇਹ ਗੱਲ ਕੁਰਆਨ ਤੇ ਹਦੀਸ ਦੇ ਵਿਰੁੱਧ ਹੈ। ਨਬੀ ਕਰੀਮ (ਸ:) ਦਾ ਫ਼ਰਮਾਨ ਹੈ ਕਿ ਮੇਰੇ ਉੱਤੇ ਈਮਾਨ ਨਾ ਲਿਆਉਣ ਵਾਲਾ ਨਰਕੀ ਹੈ। (ਸਹੀ ਮੁਸਲਿਮ ਕਿਤਾਬੁਲ ਈਮਾਨ, ਹਦੀਸ 153)

64. ਪਰ ਤੁਸੀਂ (ਆਪਣੇ ਬਚਨਾਂ ਤੋਂ) ਫਿਰ ਗਏ। ਜੇ ਤੁਹਾਡੇ 'ਤੇ ਅੱਲਾਹ ਦੀ ਮਿਹਰ ਅਤੇ ਉਸ ਦਾ ਕਰਮ ਨਾ ਹੁੰਦਾ ਤਾਂ ਤੁਸੀਂ ਜ਼ਰੂਰ ਹੀ ਘਾਟੇ ਵਿਚ ਰਹਿਣ ਵਾਲੇ ਹੋ ਜਾਂਦੇ।

ثُمَّ تَوَلَّيْتُم مِّن بَعْدِ ذَٰلِكَ ۖ فَلَوْلَا فَضْلُ اللَّهِ
عَلَيْكُمْ وَرَحْمَتُهُ لَكُنتُم مِّنَ الْخَاسِرِينَ ﴿٦٤﴾

65 ਤੁਸੀਂ ਆਪਣੀ ਕੌਮ ਦੇ ਉਹਨਾਂ ਲੋਕਾਂ ਨੂੰ ਜ਼ਰੂਰ ਹੀ ਜਾਣਦੇ ਹੋ ਜਿਨ੍ਹਾਂ ਨੇ ਸਬਤ ਦਾ ਕਾਨੂੰਨ ਭੰਗ ਕੀਤਾ ਸੀ ਤਾਂ ਅਸੀਂ ਉਹਨਾਂ ਨੂੰ ਆਖਿਆ ਕਿ ਬਾਂਦਰ ਬਣ ਕੇ ਜ਼ਲੀਲ ਹੋ ਜਾਓ।

وَلَقَدْ عَلِمْتُمُ الَّذِينَ اعْتَدَوْا مِنكُمْ فِي السَّبْتِ
فَقُلْنَا لَهُمْ كُونُوا قِرَدَةً خَاسِئِينَ ﴿٦٥﴾

66. ਫਿਰ ਅਸੀਂ ਇਸ (ਘਟਨਾ) ਨੂੰ ਉਹਨਾਂ ਲਈ ਅਤੇ ਅਗਾਂਹ ਆਉਣ ਵਾਲੇ ਇਨਕਾਰੀਆਂ ਲਈ ਸਿੱਖਿਆਦਾਈ ਬਣਾ ਦਿੱਤਾ ਅਤੇ ਨੇਕ ਲੋਕਾਂ ਲਈ ਨਸੀਹਤ ਬਣਾ ਛੱਡਿਆ।

فَجَعَلْنَاهَا نَكَالًا لِّمَا بَيْنَ يَدَيْهَا وَمَا خَلْفَهَا
وَمَوْعِظَةً لِّلْمُتَّقِينَ ﴿٦٦﴾

67 ਅਤੇ ਜਦੋਂ ਮੂਸਾ ਨੇ ਆਪਣੀ ਕੌਮ ਨੂੰ ਕਿਹਾ ਕਿ ਅੱਲਾਹ ਤੁਹਾਨੂੰ ਹੁਕਮ ਦਿੰਦਾ ਹੈ ਕਿ ਤੁਸੀਂ ਇਕ ਗਊ ਨੂੰ ਜ਼ਿਬਹ ਕਰੋ। ਉਹਨਾਂ ਨੇ ਕਿਹਾ, ਕੀ ਤੂੰ ਸਾਡੇ ਨਾਲ ਮਖੌਲ ਕਰਦਾ ਹੈਂ? ਮੂਸਾ ਨੇ ਕਿਹਾ ਕਿ ਮੈਂ (ਅਜਿਹੇ ਮਖੌਲ ਤੋਂ) ਅੱਲਾਹ ਦੀ ਪਨਾਹ ਮੰਗਦਾ ਹਾਂ ਕਿ ਮੈਂ ਵੀ ਜਾਹਲਾਂ ਵਿਚ ਰਲ ਜਾਵਾਂ।

وَإِذْ قَالَ مُوسَىٰ لِقَوْمِهِ إِنَّ اللَّهَ يَأْمُرُكُمْ
أَن تَذْبَحُوا بَقَرَةً ۖ قَالُوا أَتَتَّخِذُنَا هُزُوًا ۖ قَالَ
أَعُوذُ بِاللَّهِ أَنْ أَكُونَ مِنَ الْجَاهِلِينَ ﴿٦٧﴾

68. ਉਹਨਾਂ (ਕੌਮ) ਨੇ ਆਖਿਆ ਕਿ (ਹੇ ਮੂਸਾ) ਤੂੰ ਸਾਡੇ ਲਈ ਆਪਣੇ ਰੱਬ ਤੋਂ ਪੁੱਛ ਕੇ ਦੱਸ ਕਿ ਉਹ ਗਊ ਕਿਹੋ ਜਿਹੀ ਹੋਵੇ? ਮੂਸਾ ਨੇ ਆਖਿਆ ਕਿ ਅੱਲਾਹ ਕਹਿੰਦਾ ਹੈ ਕਿ ਉਹ ਗਊ ਨਾ ਬੁੱਢੀ ਹੋਵੇ ਤੇ ਨਾ ਹੀ ਵੱਛੀ ਹੋਵੇ ਸਗੋਂ ਵਿਚਲੀ ਉਮਰ ਦੀ ਹੋਵੇ, ਹੁਣ ਤੁਸੀਂ ਉਸੇ ਹੁਕਮ ਦੀ ਪਾਲਣਾ ਕਰੋ ਜਿਸ ਦਾ ਤੁਹਾਨੂੰ ਹੁਕਮ ਦਿੱਤਾ ਗਿਆ ਹੈ।

قَالُوا ادْعُ لَنَا رَبَّكَ يُبَيِّن لَّنَا مَا هِيَ ۚ قَالَ إِنَّهُ
يَقُولُ إِنَّهَا بَقَرَةٌ لَّا فَارِضٌ وَلَا بِكْرٌ عَوَانٌ
بَيْنَ ذَٰلِكَ ۖ فَافْعَلُوا مَا تُؤْمَرُونَ ﴿٦٨﴾

69 ਫਿਰ ਉਹਨਾਂ (ਕੌਮ) ਨੇ ਆਖਿਆ ਕਿ ਤੂੰ ਸਾਡੇ ਲਈ ਆਪਣੇ ਰੱਬ ਤੋਂ ਇਹ ਪੁੱਛ ਕਿ ਉਹ ਦੱਸੇ ਕਿ ਉਹ ਗਊ ਕਿਹੜੇ ਰੰਗ ਦੀ ਹੋਵੇ? ਮੂਸਾ ਨੇ ਜਵਾਬ ਦਿੱਤਾ ਕਿ ਉਹ ਗਊ ਪੀਲੇ ਰੰਗ ਦੀ ਹੋਵੇ ਉਸ

قَالُوا ادْعُ لَنَا رَبَّكَ يُبَيِّن لَّنَا مَا لَوْنُهَا ۚ قَالَ إِنَّهُ
يَقُولُ إِنَّهَا بَقَرَةٌ صَفْرَاءُ فَاقِعٌ لَّوْنُهَا تَسُرُّ
النَّاظِرِينَ ﴿٦٩﴾

ਦਾ ਰੰਗ ਚੰਗੀ ਤਰ੍ਹਾਂ ਗੂੜ੍ਹਾ ਪੀਲਾ ਹੋਣਾ ਚਾਹੀਦਾ ਹੈ, ਜਿਹੜੀ ਵੇਖਣ ਵਾਲਿਆਂ ਨੂੰ ਖ਼ੁਸ਼ ਕਰ ਦੇਵੇ।

70 ਉਹਨਾਂ (ਕੌਮ) ਨੇ ਫਿਰ ਕਿਹਾ ਕਿ ਸਾਡੇ ਲਈ ਰੱਬ ਤੋਂ ਪੁੱਛ ਕਿ ਉਹ ਸਾਨੂੰ ਦੱਸੇ ਕਿ ਉਹ ਗਊ ਕਿਹੋ ਜਿਹੀ ਹੋਵੇ? ਸਾਨੂੰ ਗਊ ਪ੍ਰਤੀ ਸ਼ੰਕਾ ਹੋ ਗਈ ਹੈ ਜੇ ਅੱਲਾਹ ਨੇ ਚਾਹਿਆ ਤਾਂ ਅਸੀਂ ਜ਼ਰੂਰ (ਰੱਬ ਦੀ ਇੱਛਾ) ਸਮਝ ਜਾਵਾਂਗੇ।

قَالُوا ادْعُ لَنَا رَبَّكَ يُبَيِّن لَّنَا مَا هِيَ إِنَّ
الْبَقَرَ تَشَابَهَ عَلَيْنَا وَإِنَّا إِن شَاءَ اللَّهُ
لَمُهْتَدُونَ (70)

71 ਮੂਸਾ ਨੇ ਆਖਿਆ ਕਿ ਅੱਲਾਹ ਦਾ ਕਹਿਣਾ ਹੈ ਕਿ ਉਹ ਗਊ ਕੰਮ ਕਰਨ ਵਾਲੀ ਨਾ ਹੋਵੇ, ਨਾ ਉਹ ਧਰਤੀ 'ਤੇ ਹੱਲ ਚਲਾਉਂਦੀ ਹੋਵੇ ਅਤੇ ਨਾ ਹੀ ਖੇਤਾਂ ਨੂੰ ਪਾਣੀ ਦਿੰਦੀ ਹੋਵੇ, ਉਸ ਵਿਚ ਕਿਸੇ ਪ੍ਰਕਾਰ ਦਾ ਕੋਈ ਐਬ ਨਹੀਂ ਹੋਣਾ ਚਾਹੀਦਾ ਨਾ ਹੀ ਕੋਈ ਦਾਗ਼ ਧੱਬਾ ਹੋਵੇ। ਉਹਨਾਂ (ਕੌਮ) ਨੇ ਆਖਿਆ ਕਿ ਹੁਣ ਤੁਸੀਂ ਹੱਕ ਦੀ ਗੱਲ ਕੀਤੀ ਹੈ। ਫਿਰ ਉਹਨਾਂ ਨੇ ਉਸ (ਗਾਂ) ਨੂੰ ਜ਼ਿਬਹ (ਕੁਰਬਾਨ) ਕੀਤਾ ਲੱਗਦਾ ਨਹੀਂ ਸੀ ਕਿ ਉਹ ਇਹ ਕੰਮ ਕਰਣਗੇ।

قَالَ إِنَّهُ يَقُولُ إِنَّهَا بَقَرَةٌ لَّا ذَلُولٌ تُثِيرُ الْأَرْضَ
وَلَا تَسْقِي الْحَرْثَ مُسَلَّمَةٌ لَّا شِيَةَ فِيهَا قَالُوا
الْآنَ جِئْتَ بِالْحَقِّ فَذَبَحُوهَا وَمَا كَادُوا
يَفْعَلُونَ (71)

72 (ਯਾਦ ਕਰੋ) ਜਦੋਂ ਤੁਸੀਂ ਇਕ ਵਿਅਕਤੀ ਨੂੰ ਕਤਲ ਕਰ ਦਿੱਤਾ ਸੀ ਫਿਰ ਤੁਸੀਂ ਉਸ ਲਈ ਝਗੜਾ ਕੀਤਾ (ਕਿ ਇਸ ਨੂੰ ਕਿਸ ਨੇ ਕਤਲ ਕੀਤਾ ਹੈ) ਅਤੇ ਅੱਲਾਹ ਉਸ (ਕਤਲ) ਨੂੰ ਸਪਸ਼ਟ ਕਰਨ ਵਾਲਾ ਸੀ ਜਿਸ ਨੂੰ ਤੁਸੀਂ ਗੁੱਪਤ ਰੱਖਦੇ ਸੀ।

وَإِذْ قَتَلْتُمْ نَفْسًا فَادَّارَأْتُمْ فِيهَا وَاللَّهُ مُخْرِجٌ
مَّا كُنتُمْ تَكْتُمُونَ (72)

73 ਫਿਰ ਅਸਾਂ ਹੁਕਮ ਦਿੱਤਾ ਕਿ ਤੁਸੀਂ ਇਸ (ਜ਼ਿਬਹ ਕੀਤੀ ਗਊ ਦੇ ਮਾਸ) ਦੇ ਇਕ ਟੋਟੇ ਨਾਲ ਮਰੇ ਹੋਏ ਵਿਅਕਤੀ ਦੀ ਲੋਥ 'ਤੇ ਸੱਟ ਮਾਰੋ, ਉਹ ਜਿਊਂਦਾ ਹੋ ਜਾਵੇਗਾ। ਅੱਲਾਹ ਇਸੇ ਤਰ੍ਹਾਂ ਮੁਰਦਿਆਂ

فَقُلْنَا اضْرِبُوهُ بِبَعْضِهَا كَذَلِكَ يُحْيِي اللَّهُ
الْمَوْتَى وَيُرِيكُمْ آيَاتِهِ لَعَلَّكُمْ تَعْقِلُونَ (73)

ਨੂੰ (ਕਿਆਮਤ ਵਿਹਾੜੇ) ਜਿਊਂਦਾ ਕਰੇਗਾ ਅਤੇ ਉਹ ਤੁਹਾਨੂੰ ਆਪਣੀਆਂ ਨਿਸ਼ਾਨੀਆਂ ਵਿਖਾਉਂਦਾ ਹੈ ਤਾਂ ਜੋ ਤੁਸੀਂ ਸਮਝ ਸਕੋ।

ثُمَّ قَسَتْ قُلُوْبُكُمْ مِّنْۢ بَعْدِ ذٰلِكَ فَهِيَ
كَالْحِجَارَةِ اَوْ اَشَدُّ قَسْوَةً ۭ وَاِنَّ مِنَ الْحِجَارَةِ
لَمَا يَتَفَجَّرُ مِنْهُ الْاَنْهٰرُ ۭ وَاِنَّ مِنْهَا لَمَا يَشَّقَّقُ
فَيَخْرُجُ مِنْهُ الْمَاۗءُ ۭ وَاِنَّ مِنْهَا لَمَا يَهْبِطُ مِنْ
خَشْيَةِ اللّٰهِ ۭ وَمَا اللّٰهُ بِغَافِلٍ عَمَّا تَعْمَلُوْنَ ﴿٧٤﴾

74. ਇਸ (ਘਟਨਾ) ਤੋਂ ਬਾਅਦ ਤੁਹਾਡੇ ਦਿਲ ਕਠੋਰ ਹੋ ਗਏ। ਪੱਥਰਾਂ ਵਾਂਗ ਕਠੋਰ ਸਗੋਂ ਉਹਨਾਂ ਤੋਂ ਵੀ ਵੱਧ ਕਠੋਰ। ਬੇਸ਼ੱਕ ਕੁੱਝ ਪੱਥਰ ਉਹ ਵੀ ਹਨ ਜਿਨ੍ਹਾਂ ਤੋਂ ਨਹਿਰਾਂ ਵਗਦੀਆਂ ਹਨ ਅਤੇ ਕੁੱਝ ਉਹ ਵੀ ਹਨ ਜਿਹੜੇ ਜਦੋਂ ਫਟ ਜਾਂਦੇ ਹਨ ਤਾਂ ਉਹਨਾਂ ਵਿੱਚੋਂ ਪਾਣੀ ਨਿਕਲਦਾ ਹੈ ਅਤੇ ਇਹਨਾਂ ਵਿੱਚੋਂ ਕੁੱਝ ਉਹ ਵੀ (ਪੱਥਰ) ਹਨ ਜਿਹੜੇ ਰੱਬ ਤੋਂ ਡਰਦੇ ਹੋਏ ਝੁਕ ਕੇ (ਸਿਜਦੇ ਵਿਚ) ਡਿਗ ਵੀ ਪੈਂਦੇ ਹਨ। ਅੱਲਾਹ ਤੁਹਾਡੀਆਂ ਜ਼ਾਲਮਾਨਾ ਕਰਤੂਤਾਂ ਤੋਂ ਬੇਖ਼ਬਰ ਨਹੀਂ।

اَفَتَطْمَعُوْنَ اَنْ يُّؤْمِنُوْا لَكُمْ وَقَدْ كَانَ فَرِيْقٌ
مِّنْهُمْ يَسْمَعُوْنَ كَلٰمَ اللّٰهِ ثُمَّ يُحَرِّفُوْنَهٗ مِنْۢ بَعْدِ
مَا عَقَلُوْهُ وَھُمْ يَعْلَمُوْنَ ﴿٧٥﴾

75. (ਹੇ ਮੁਸਲਮਾਨੋ!) ਕੀ ਤੁਸੀਂ ਇਹ ਆਸ ਰੱਖਦੇ ਹੋ ਕਿ ਇਹ ਲੋਕ ਤੁਹਾਡੇ ਲਈ ਈਮਾਨ ਵਾਲੇ ਬਣ ਜਾਣਗਾ, ਜਦੋਂ ਕਿ ਇਹਨਾਂ ਵਿੱਚੋਂ ਇਕ ਗੁੱਟ ਅਜਿਹਾ ਵੀ ਹੈ ਕਿ ਉਹ ਅੱਲਾਹ ਦਾ ਕਲਾਮ (ਕ਼ੁਰਆਨ) ਸੁਣਦਾ ਹੈ ਫਿਰ ਇਸ ਨੂੰ ਸਮਝ ਲੈਣ ਤੋਂ ਬਾਅਦ ਵੀ ਇਸ ਵਿਚ ਫੇਰ ਬਦਲ ਕਰ ਦਿੰਦਾ ਹੈ ਜਦ ਕਿ ਉਹ ਇਸ ਦੀ ਜਾਣਕਾਰੀ ਵੀ ਰੱਖਦਾ ਹੈ।

وَاِذَا لَقُوا الَّذِيْنَ اٰمَنُوْا قَالُوْٓا اٰمَنَّا ښ وَاِذَا خَلَا
بَعْضُهُمْ اِلٰى بَعْضٍ قَالُوْٓا اَتُحَدِّثُوْنَهُمْ بِمَا فَتَحَ
اللّٰهُ عَلَيْكُمْ لِيُحَاۗجُّوْكُمْ بِهٖ عِنْدَ رَبِّكُمْ ۭ
اَفَلَا تَعْقِلُوْنَ ﴿٧٦﴾

76. ਜਦੋਂ ਇਹ (ਮੁਨਾਫ਼ਿਕ) ਲੋਕ ਈਮਾਨ ਵਾਲਿਆਂ ਨੂੰ ਮਿਲਦੇ ਹਨ ਤਾਂ ਆਖਦੇ ਹਨ ਕਿ ਅਸੀਂ ਵੀ ਈਮਾਨ ਵਾਲੇ ਹਾਂ ਅਤੇ ਜਦੋਂ ਇਹ ਲੋਕ ਇਕ ਦੂਜੇ ਨੂੰ ਇਕਾਂਤ ਵਿਚ ਮਿਲਦੇ ਹਨ ਤਾਂ ਆਖਦੇ ਹਨ ਕਿ ਤੁਸੀਂ ਮੁਸਲਮਾਨਾਂ ਨੂੰ ਉਹ ਗੱਲਾਂ ਕਿਉਂ ਦੱਸਦੇ ਹੋ ਜਿਹੜੀਆਂ ਅੱਲਾਹ ਨੇ ਤੁਹਾਨੂੰ ਦੱਸੀਆਂ ਹਨ? ਕੀ ਇਸ ਲਈ ਦੱਸਦੇ ਹੋ ਤਾਂ ਜੋ ਉਹਨਾਂ ਨੂੰ ਤੁਹਾਡੇ ਰੱਬ

ਦੇ ਹਜ਼ੂਰ ਤੁਹਾਡੇ ਵਿਰੁੱਧ ਦਲੀਲ ਵਜੋਂ ਪੇਸ਼ ਕਰਨ? ਕੀ ਤੁਹਾਨੂੰ ਉੱਕਾ ਹੀ ਸਮਝ ਨਹੀਂ?

77. ਕੀ ਉਹ (ਅਜਿਹੀਆਂ ਗੱਲਾਂ ਕਰਨ ਵਾਲੇ) ਨਹੀਂ ਜਾਣਦੇ ਕਿ ਬੇਸ਼ੱਕ ਅੱਲਾਹ (ਸਭ ਕੁੱਝ) ਜਾਣਦਾ ਹੈ, ਉਹ ਵੀ ਜੋ ਉਹ ਗੁਪਤ ਰੱਖਦੇ ਹਨ ਅਤੇ ਉਹ ਵੀ ਜੋ ਉਹ ਪ੍ਰਗਟ ਕਰਦੇ ਹਨ।

أَوَلَا يَعْلَمُونَ أَنَّ اللَّهَ يَعْلَمُ مَا يُسِرُّونَ
وَمَا يُعْلِنُونَ ﴿٧٧﴾

78. ਇਹਨਾਂ ਵਿੱਚੋਂ ਕੁੱਝ ਅਣਪੜ੍ਹ ਵੀ ਹਨ ਉਹ ਕਿਤਾਬ (ਵਿਚ ਲਿਖੇ) ਨੂੰ ਨਹੀਂ ਜਾਣਦੇ ਅਤੇ ਝੂਠ ਝੂਠੀਆਂ ਆਸਾਂ ਤੇ ਉਹ ਕੇਵਲ ਗੁਮਾਨ ਹੀ ਕਰਦੇ ਹਨ।

وَمِنْهُمْ أُمِّيُّونَ لَا يَعْلَمُونَ الْكِتَابَ إِلَّا أَمَانِيَّ
وَإِنْ هُمْ إِلَّا يَظُنُّونَ ﴿٧٨﴾

79 ਸੋ ਉਹਨਾਂ ਲੋਕਾਂ ਲਈ ਬਰਬਾਦੀ ਹੈ ਜਿਹੜੇ ਆਪਣੀ ਹੱਥੀਂ ਕਿਤਾਬ ਲਿਖਦੇ ਹਨ ਫਿਰ ਕਹਿੰਦੇ ਹਨ ਕਿ ਇਹ ਅੱਲਾਹ ਵੱਲੋਂ ਹੈ ਤਾਂ ਜੋ ਇਸ ਦੇ ਬਦਲੇ ਵਿਚ ਥੋੜ੍ਹੀ ਕੀਮਤ (ਸੰਸਾਰਿਕ ਲਾਭ) ਲੈ ਸਕਣ। ਇਸੇ ਲਈ ਜੋ ਵੀ ਉਹਨਾਂ ਦੇ ਹੱਥਾਂ ਨੇ ਲਿਖਿਆ ਉਸੇ ਕਾਰਨ ਉਹਨਾਂ ਦੀ ਬਰਬਾਦੀ ਹੈ ਅਤੇ ਉਹ ਜਿਹੜੀ ਵੀ ਕਮਾਈ ਕਰਦੇ ਹਨ ਉਸ ਕਾਰਨ ਵੀ ਉਹਨਾਂ ਦੀ ਬਰਬਾਦੀ ਹੈ।

فَوَيْلٌ لِلَّذِينَ يَكْتُبُونَ الْكِتَابَ بِأَيْدِيهِمْ
ثُمَّ يَقُولُونَ هَٰذَا مِنْ عِنْدِ اللَّهِ لِيَشْتَرُوا بِهِ
ثَمَنًا قَلِيلًا ۖ فَوَيْلٌ لَهُمْ مِمَّا كَتَبَتْ أَيْدِيهِمْ وَوَيْلٌ
لَهُمْ مِمَّا يَكْسِبُونَ ﴿٧٩﴾

80 ਅਤੇ ਇਹਨਾਂ (ਯਹੂਦੀਆਂ) ਦਾ ਕਹਿਣਾ ਹੈ ਕਿ ਗਿਣਤੀ ਦੇ ਥੋੜ੍ਹੇ ਦਿਨਾਂ ਤੋਂ ਛੁੱਟ (ਨਰਕ ਦੀ) ਅੱਗ ਸਾਨੂੰ ਕਦੇ ਵੀ ਨਹੀਂ ਛੂਹੇਗੀ। ਇਹਨਾਂ ਨੂੰ ਪੁੱਛੋ, ਕੀ ਤੁਸੀਂ ਅੱਲਾਹ ਤੋਂ ਇਸ ਦਾ ਕੋਈ ਬਚਨ ਲਿਆ ਹੋਇਆ ਹੈ? (ਜੇ ਹੈ) ਫਿਰ ਅੱਲਾਹ ਕਦੇ ਵੀ ਆਪਣੇ ਬਚਨਾਂ ਦੀ ਉਲੰਘਣਾ ਨਹੀਂ ਕਰਦਾ। ਕੀ ਤੁਸੀਂ ਅੱਲਾਹ ਦੇ ਸੰਬੰਧ ਵਿਚ ਉਹ ਗੱਲਾਂ ਕਰਦੇ ਹੋ ਜਿਸ ਦਾ ਤੁਹਾਨੂੰ ਉੱਕਾ ਹੀ ਪਤਾ ਨਹੀਂ?

وَقَالُوا لَنْ تَمَسَّنَا النَّارُ إِلَّا أَيَّامًا مَعْدُودَةً ۚ
قُلْ أَتَّخَذْتُمْ عِنْدَ اللَّهِ عَهْدًا فَلَنْ يُخْلِفَ اللَّهُ
عَهْدَهُ ۖ أَمْ تَقُولُونَ عَلَى اللَّهِ مَا لَا تَعْلَمُونَ ﴿٨٠﴾

بَلٰى مَنْ كَسَبَ سَيِّئَةً وَّاَحَاطَتْ بِهٖ خَطِيْٓـــَٔتُهٗ فَاُولٰٓئِكَ اَصْحٰبُ النَّارِ ۚ هُمْ فِيْهَا خٰلِدُوْنَ ﴿٨١﴾

81 ਜਿਸ ਨੇ ਵੀ ਕੋਈ ਬੁਰਾਈ ਕਮਾਈ ਅਤੇ ਉਸੇ ਬੁਰਾਈ ਵਿਚ ਉਹ ਘਿਰਿਆ ਰਿਹਾ ਉਹੀ ਤਾਂ ਨਰਕ ਵਿਚ ਜਾਵੇਗਾ ਅਤੇ ਸਦਾ ਉਸੇ ਵਿਚ ਹੀ ਰਹੇਗਾ।

وَالَّذِيْنَ اٰمَنُوْا وَعَمِلُوا الصّٰلِحٰتِ اُولٰٓئِكَ اَصْحٰبُ الْجَنَّةِ ۚ هُمْ فِيْهَا خٰلِدُوْنَ ﴿٨٢﴾

82 ਜਿਹੜੇ ਲੋਕ ਈਮਾਨ ਲਿਆਉਣਗੇ ਅਤੇ ਨੇਕ ਅਮਲ ਕਰਨਗੇ ਉਹ ਜੰਨਤੀ ਹਨ ਅਤੇ ਉਹ ਜੰਨਤ ਵਿਚ ਸਦਾ ਲਈ ਰਹਿਣਗੇ।

وَاِذْ اَخَذْنَا مِيْثَاقَ بَنِيْٓ اِسْرَآءِيْلَ لَا تَعْبُدُوْنَ اِلَّا اللّٰهَ ۫ وَبِالْوَالِدَيْنِ اِحْسَانًا وَّذِي الْقُرْبٰى وَالْيَتٰمٰى وَالْمَسٰكِيْنِ وَقُوْلُوْا لِلنَّاسِ حُسْنًا وَّاَقِيْمُوا الصَّلٰوةَ وَاٰتُوا الزَّكٰوةَ ۭ ثُمَّ تَوَلَّيْتُمْ اِلَّا قَلِيْلًا مِّنْكُمْ وَاَنْتُمْ مُّعْرِضُوْنَ ﴿٨٣﴾

83 ਅਤੇ ਜਦੋਂ ਅਸੀਂ ਬਨੀ ਇਸਰਾਈਲ ਤੋਂ ਪੱਕਾ ਬਚਨ ਲਿਆ ਸੀ ਕਿ ਤੁਸੀਂ ਅੱਲਾਹ ਤੋਂ ਛੁੱਟ ਕਿਸੇ ਹੋਰ ਦੀ ਇਬਾਦਤ ਨਾ ਕਰਨਾ ਅਤੇ ਮਾਂ, ਬਾਪ, ਰਿਸ਼ਤੇਦਾਰਾਂ, ਯਤੀਮਾਂ ਅਤੇ ਮਿਸਕੀਨਾਂ[1] ਨਾਲ ਨੇਕ ਅਤੇ ਸੋਹਣਾ ਵਿਵਹਾਰ ਕਰਨਾ ਅਤੇ ਲੋਕਾਂ ਨੂੰ ਚੰਗੀਆਂ ਗੱਲਾਂ ਆਖਣਾ, ਨਮਾਜ਼ ਕਾਇਮ ਕਰਨਾ ਅਤੇ ਜ਼ਕਾਤ ਅਦਾ ਕਰਨਾ, ਪਰ ਤੁਸੀਂ ਇਹਨਾਂ (ਬਚਨਾਂ) ਤੋਂ ਫਿਰ ਗਏ ਤੁਹਾਡੇ ਵਿੱਚੋਂ ਥੋੜ੍ਹੇ ਲੋਕ ਹੀ (ਆਪਣੇ ਬਚਨਾਂ ਦੇ) ਪਾਬੰਦ ਰਹੇ। ਤੁਸੀਂ ਬਚਨਾਂ ਤੋਂ ਫਿਰ ਜਾਣ ਵਾਲੇ ਹੀ ਹੋ।

وَاِذْ اَخَذْنَا مِيْثَاقَكُمْ لَا تَسْفِكُوْنَ دِمَآءَكُمْ وَلَا تُخْرِجُوْنَ اَنْفُسَكُمْ مِّنْ دِيَارِكُمْ ثُمَّ اَقْرَرْتُمْ وَاَنْتُمْ تَشْهَدُوْنَ ﴿٨٤﴾

84 ਅਤੇ ਜਦੋਂ ਅਸੀਂ ਤੁਹਾਥੋਂ ਪੱਕਾ ਬਚਨ ਲਿਆ ਸੀ ਕਿ ਤੁਸੀਂ ਆਪਸ ਵਿਚ ਇਕ ਦੂਜੇ ਦਾ ਖ਼ੂਨ ਨਹੀਂ ਬਹਾਉਗੇ ਅਤੇ ਨਾ ਹੀ ਘਰਾਂ ਤੋਂ ਬੇਘਰ ਕਰੋਗੇ ਫਿਰ ਤੁਸੀਂ ਇਸ ਦਾ ਇਕਰਾਰ ਵੀ ਕੀਤਾ ਸੀ ਜਿਸ ਦੇ ਤੁਸੀਂ ਆਪ ਹੀ ਗਵਾਹ ਹੋ।

[1] ਹਦੀਸ ਅਨੁਸਾਰ ਮਸਕੀਨ ਉਹ ਨਹੀਂ ਜਿਹੜਾ ਲੋਕਾਂ ਦੇ ਘਰਾਂ ਦੇ ਚੱਕਰ ਲਗਾਉਂਦਾ ਰਹਿੰਦਾ ਹੈ ਇਕ ਬੁਰਕੀ ਦੋ ਬੁਰਕੀਆਂ ਅਤੇ ਇਕ ਖਜੂਰ ਤੇ ਦੋ ਖਜੂਰਾਂ ਦੀ ਚਾਹਤ ਉਸ ਨੂੰ ਘਰੋਂ-ਘਰ ਫੇਰਦੀ ਹੈ, ਸਗੋਂ ਮਸਕੀਨ ਉਹ ਹੈ ਜਿਸ ਦੇ ਕੋਲ ਇੰਨਾ ਮਾਲ ਵੀ ਨਾ ਹੋਵੇ ਜਿਸ ਵਿਚ ਉਸ ਦਾ ਗੁਜ਼ਾਰਾ ਹੋ ਜਾਵੇ ਅਤੇ ਕੋਈ ਉਸ ਦਾ ਹਾਲ ਵੀ ਨਾ ਜਾਣਦਾ ਹੋਵੇ ਕਿ ਉਸ ਨੂੰ ਖ਼ੈਰਾਤ ਦੇਵੇ ਅਤੇ ਨਾ ਹੀ ਉਹ ਆਪ ਲੋਕਾਂ ਤੋਂ ਸਵਾਲ ਕਰੇ। (ਸਹੀ ਬੁਖ਼ਾਰੀ, ਹਦੀਸ 1479)

85. ਤੁਸੀਂ ਹੀ ਉਹ ਲੋਕ ਹੋ ਜੋ ਆਪਣਿਆਂ ਨੂੰ ਹੀ ਕਤਲ ਕਰਦੇ ਹੋ ਅਤੇ ਆਪਣਿਆਂ ਨੂੰ ਹੀ ਘਰਾਂ ਤੋਂ ਬੇਘਰ ਕਰਦੇ ਹੋ ਅਤੇ ਤੁਸੀਂ ਉਹਨਾਂ ਦੇ ਵਿਰੁੱਧ ਗੁਨਾਹ ਅਤੇ ਜ਼ਾਲਮਾਨਾ ਕੰਮਾਂ ਵਿਚ ਦੂਜਿਆਂ ਦਾ ਸਾਥ ਦਿੰਦੇ ਹੋ। ਜੇ ਉਹ ਤੁਹਾਡੇ ਕੋਲ ਕੈਦੀ ਬਣਕੇ ਆਉਣ ਤਾਂ ਤੁਸੀਂ ਉਹਨਾਂ ਦੀ ਰਿਹਾਈ ਲਈ ਫ਼ਿਦਿਯਾ (ਫ਼ਿਰੌਤੀ) ਲੈਂਦੇ ਹੋ ਜਦ ਕਿ ਤੁਹਾਡੇ ਲਈ ਉਹਨਾਂ ਦਾ (ਘਰੋਂ) ਕੱਢ ਦੇਣਾ ਹੀ ਹਰਾਮ ਕਰ ਦਿੱਤਾ ਗਿਆ ਸੀ। ਕੀ ਤੁਸੀਂ ਕਿਤਾਬ ਦੇ ਇਕ ਭਾਗ 'ਤੇ ਈਮਾਨ ਰੱਖਦੇ ਹੋ ਅਤੇ ਕੁੱਝ ਭਾਗ (ਆਦੇਸ਼ਾਂ) ਦਾ ਇਨਕਾਰ ਕਰਦੇ ਹੋ? ਤੁਹਾਡੇ ਵਿੱਚੋਂ ਜਿਹੜਾ ਵਿਅਕਤੀ ਵੀ ਇਹ (ਹਰਾਮ ਕੀਤੇ ਹੋਏ) ਕੰਮ ਕਰੇਗਾ ਉਸ ਦੀ ਸਜ਼ਾ ਇਸ ਤੋਂ ਛੁੱਟ ਕੋਈ ਨਹੀਂ ਕਿ ਸੰਸਾਰਿਕ ਜੀਵਨ ਵਿਚ ਉਹਨਾਂ ਦੀ ਰੁਸਵਾਈ ਹੋਵੇ ਅਤੇ ਕਿਆਮਤ ਵਾਲੇ ਦਿਨ ਉਹ ਕਰੜੀ ਸਜ਼ਾ (ਨਰਕ) ਵੱਲ ਧੱਕੇ ਜਾਣ। ਤੁਸੀਂ ਜੋ ਵੀ ਕਰਤੂਤਾਂ ਕਰਦੇ ਹੋ ਅੱਲਾਹ ਉਹਨਾਂ ਤੋਂ ਬੇਖ਼ਬਰ ਨਹੀਂ।

ثُمَّ أَنْتُمْ هٰٓؤُلَآءِ تَقْتُلُوْنَ أَنْفُسَكُمْ وَتُخْرِجُوْنَ فَرِيْقًا مِّنْكُمْ مِّنْ دِيَارِهِمْ تَظٰهَرُوْنَ عَلَيْهِمْ بِالْإِثْمِ وَالْعُدْوَانِ ۗ وَإِنْ يَّأْتُوْكُمْ أُسٰرٰى تُفٰدُوْهُمْ وَهُوَ مُحَرَّمٌ عَلَيْكُمْ إِخْرَاجُهُمْ ۗ أَفَتُؤْمِنُوْنَ بِبَعْضِ الْكِتٰبِ وَتَكْفُرُوْنَ بِبَعْضٍ ۚ فَمَا جَزَآءُ مَنْ يَّفْعَلُ ذٰلِكَ مِنْكُمْ إِلَّا خِزْيٌ فِي الْحَيٰوةِ الدُّنْيَا ۚ وَيَوْمَ الْقِيٰمَةِ يُرَدُّوْنَ إِلٰٓى أَشَدِّ الْعَذَابِ ۗ وَمَا اللّٰهُ بِغَافِلٍ عَمَّا تَعْمَلُوْنَ ﴿٨٥﴾

86. ਇਹ ਉਹ ਲੋਕ ਹਨ ਜਿਨ੍ਹਾਂ ਨੇ ਸੰਸਾਰਿਕ ਜੀਵਨ ਨੂੰ ਆਖ਼ਿਰਤ ਦੇ ਬਦਲੇ ਵਿਚ ਖ਼ਰੀਦ ਲਿਆ ਹੈ, ਸੋ ਨਾ ਤਾਂ (ਕਿਆਮਤ ਦਿਹਾੜੇ) ਉਨ੍ਹਾਂ ਦੇ ਅਜ਼ਾਬ (ਸਜ਼ਾ) ਵਿਚ ਕੋਈ ਕਮੀ ਕੀਤੀ ਜਾਵੇਗੀ ਅਤੇ ਨਾ ਹੀ ਕਿਸੇ ਤਰ੍ਹਾਂ ਦੀ ਕੋਈ ਮਦਦ ਹੀ ਕੀਤੀ ਜਾਵੇਗੀ।

أُولٰٓئِكَ الَّذِيْنَ اشْتَرَوُا الْحَيٰوةَ الدُّنْيَا بِالْآخِرَةِ ۖ فَلَا يُخَفَّفُ عَنْهُمُ الْعَذَابُ وَلَا هُمْ يُنْصَرُوْنَ ﴿٨٦﴾

87. ਅਤੇ ਬੇਸ਼ੱਕ ਅਸੀਂ ਮੂਸਾ ਨੂੰ ਕਿਤਾਬ (ਤੌਰੇਤ) ਦਿੱਤੀ ਅਤੇ ਉਸ ਤੋਂ ਮਗਰੋਂ ਉਸ ਦੇ ਉੱਪਰੋਥੱਲੀ ਰਸੂਲ ਭੇਜੇ ਅਤੇ ਅਸੀਂ ਮਰੀਅਮ ਦੇ ਪੁੱਤਰ ਈਸਾ ਨੂੰ ਸਾਫ਼-ਸਾਫ਼ ਦਲੀਲਾਂ ਦਿੱਤੀਆਂ ਅਤੇ ਉਸ (ਈਸਾ) ਦੀ ਪਵਿੱਤਰ ਰੂਹ (ਜਿਬਰਾਈਲ) ਦੇ ਨਾਲ ਮਦਦ ਕੀਤੀ। ਫੇਰ ਜਦ ਵੀ ਤੁਹਾਡੇ ਕੋਲ ਕੋਈ

وَلَقَدْ اٰتَيْنَا مُوْسَى الْكِتٰبَ وَقَفَّيْنَا مِنْ بَعْدِهٖ بِالرُّسُلِ ۖ وَاٰتَيْنَا عِيْسَى ابْنَ مَرْيَمَ الْبَيِّنٰتِ وَأَيَّدْنٰهُ بِرُوْحِ الْقُدُسِ ۗ أَفَكُلَّمَا جَآءَكُمْ رَسُوْلٌ بِمَا لَا تَهْوٰٓى أَنْفُسُكُمُ اسْتَكْبَرْتُمْ ۚ فَفَرِيْقًا كَذَّبْتُمْ وَفَرِيْقًا تَقْتُلُوْنَ ﴿٨٧﴾

ਪੈਗ਼ੰਬਰ ਉਹ ਚੀਜ਼ (ਆਦੇਸ਼) ਲੈ ਕੇ ਆਇਆ ਜਿਸ ਨੂੰ ਤੁਹਾਡੇ ਦਿਲ ਪਸੰਦ ਨਹੀਂ ਸੀ ਕਰਦੇ ਤਾਂ ਤੁਸੀਂ ਘਮੰਡ ਵਿਚ ਆਕੇ ਕੁੱਝ (ਰਸੂਲਾਂ) ਨੂੰ ਝੁਠਲਾਇਆ ਅਤੇ ਕੁੱਝ ਨੂੰ ਕਤਲ ਕਰ ਸੁੱਟਿਆ।

88 ਅਤੇ ਉਹ ਆਖਦੇ ਹਨ ਕਿ ਸਾਡੇ ਦਿਲਾਂ 'ਤੇ (ਇਨ੍ਹਾਂ ਗੱਲਾਂ ਤੋਂ ਸੁਰੱਖਿਅਤ ਹੋਣ ਲਈ) ਗ਼ਲਾਫ਼ ਚੜ੍ਹੇ ਹੋਏ ਹਨ। ਨਹੀਂ, ਸਗੋਂ ਇਨ੍ਹਾਂ ਦੇ ਇਨਕਾਰੀ ਹੋਣ ਕਾਰਨ ਅੱਲਾਹ ਨੇ ਇਨ੍ਹਾਂ 'ਤੇ ਫਿਟਕਾਰ ਪਾਈ ਹੋਈ ਹੈ। ਇਸ ਲਈ ਥੋੜ੍ਹੇ ਲੋਕ ਹੀ (ਰਸੂਲਾਂ ਉੱਤੇ) ਈਮਾਨ ਲਿਆਏ।

وَقَالُوا قُلُوبُنَا غُلْفٌ ۚ بَل لَّعَنَهُمُ اللَّهُ بِكُفْرِهِمْ
فَقَلِيلًا مَّا يُؤْمِنُونَ ﴿٨٨﴾

89 ਫਿਰ ਉਹਨਾਂ ਕੋਲ ਉਹਨਾਂ ਦੇ ਰੱਬ ਵੱਲੋਂ ਉਹ ਕਿਤਾਬ (ਕੁਰਆਨ) ਆ ਗਈ ਜਿਹੜੀ ਉਸ ਕਿਤਾਬ (ਤੌਰੈਤ) ਦੀ ਪੁਸ਼ਟੀ ਕਰਦੀ ਹੈ ਜਿਹੜੀ ਉਹਨਾਂ ਦੇ ਕੋਲ ਹੈ। ਜਦ ਕਿ ਇਸ ਤੋਂ ਪਹਿਲਾਂ ਉਹ ਆਪ ਇਹਨਾਂ (ਕਾਫ਼ਰਾਂ) ਦੇ ਵਿਰੁੱਧ ਫ਼ਤਿਹ (ਦੀਆਂ ਦੁਆਵਾਂ) ਮੰਗਿਆ ਕਰਦੇ ਸਨ ਪਰ ਜਦੋਂ ਉਹ (ਹੱਕ) ਉਹਨਾਂ ਕੋਲ ਆ ਗਿਆ ਜਿਸ ਨੂੰ ਉਹਨਾਂ ਨੇ ਪਛਾਣ ਵੀ ਲਿਆ ਸੀ ਫਿਰ ਵੀ ਉਹਨਾਂ ਨੇ ਉਸ ਨੂੰ ਮੰਨਣ ਤੋਂ ਇਨਕਾਰ ਕਰ ਦਿੱਤਾ। ਅੱਲਾਹ ਦੀ ਇਹਨਾਂ (ਕਾਫ਼ਰਾਂ) 'ਤੇ ਫਿਟਕਾਰ ਹੈ।

وَلَمَّا جَاءَهُمْ كِتَابٌ مِّنْ عِندِ اللَّهِ مُصَدِّقٌ
لِّمَا مَعَهُمْ وَكَانُوا مِن قَبْلُ يَسْتَفْتِحُونَ عَلَى
الَّذِينَ كَفَرُوا فَلَمَّا جَاءَهُم مَّا عَرَفُوا كَفَرُوا
بِهِ ۚ فَلَعْنَةُ اللَّهِ عَلَى الْكَافِرِينَ ﴿٨٩﴾

90 ਬਹੁਤ ਹੀ ਭੈੜੀ ਹੈ ਉਹ ਚੀਜ਼ ਜਿਸ ਦੇ ਬਦਲੇ ਉਹਨਾਂ ਨੇ ਆਪਣੇ ਆਪ ਨੂੰ ਵੇਚ ਸੁੱਟਿਆ ਹੈ। ਇਹ ਉਸ ਚੀਜ਼ ਦਾ ਇਨਕਾਰ ਕਰਦੇ ਹਨ ਜਿਹੜੀ ਅੱਲਾਹ ਵੱਲੋਂ ਨਾਜ਼ਿਲ ਹੋਈ ਹੈ ਕੇਵਲ ਇਸ ਈਰਖਾ ਕਾਰਣ ਕਿ ਅੱਲਾਹ ਨੇ ਆਪਣੇ ਜਿਸ ਬੰਦੇ ਨੂੰ ਚਾਹਿਆ ਉਸ ਨੂੰ (ਪੈਗ਼ੰਬਰੀ ਨਾਲ) ਨਿਵਾਜ਼ ਦਿੱਤਾ। ਇਸ ਲਈ ਉਹ ਉੱਪਰੋਥਲੀ ਕਰੋਪੀ ਦੇ

بِئْسَمَا اشْتَرَوْا بِهِ أَنفُسَهُمْ أَن يَكْفُرُوا بِمَا أَنزَلَ
اللَّهُ بَغْيًا أَن يُنَزِّلَ اللَّهُ مِن فَضْلِهِ عَلَىٰ مَن
يَشَاءُ مِنْ عِبَادِهِ ۖ فَبَاءُوا بِغَضَبٍ عَلَىٰ غَضَبٍ ۚ
وَلِلْكَافِرِينَ عَذَابٌ مُّهِينٌ ﴿٩٠﴾

ਭਾਗੀ ਬਣ ਗਏ ਹਨ। ਅਜਿਹੇ ਕਾਫ਼ਰਾਂ ਲਈ ਜ਼ਲੀਲ ਕਰਨ ਵਾਲਾ ਅਜ਼ਾਬ ਹੈ।

وَإِذَا قِيلَ لَهُمْ آمِنُوا بِمَا أَنزَلَ اللَّهُ قَالُوا نُؤْمِنُ
بِمَا أُنزِلَ عَلَيْنَا وَيَكْفُرُونَ بِمَا وَرَاءَهُ وَهُوَ
الْحَقُّ مُصَدِّقًا لِّمَا مَعَهُمْ ۗ قُلْ فَلِمَ تَقْتُلُونَ
أَنبِيَاءَ اللَّهِ مِن قَبْلُ إِن كُنتُم مُّؤْمِنِينَ ﴿٩١﴾

91. ਜਦੋਂ ਉਹਨਾਂ (ਕਾਫ਼ਰਾਂ) ਨੂੰ ਕਿਹਾ ਜਾਂਦਾ ਹੈ ਕਿ ਅੱਲਾਹ ਵੱਲੋਂ ਉਤਾਰੀ ਹੋਈ ਕਿਤਾਬ (ਕੁਰਆਨ) ਉੱਤੇ ਈਮਾਨ ਲਿਆਓ ਤਾਂ ਆਖਦੇ ਹਨ ਕਿ ਅਸੀਂ ਤਾਂ ਉਸ 'ਤੇ ਹੀ ਈਮਾਨ ਲਿਆਏ ਹਾਂ ਜਿਹੜੀ ਸਾਡੇ ਲਈ (ਤੌਰੈਤ) ਨਾਜ਼ਿਲ ਹੋਈ ਹੈ ਅਤੇ ਉਹ ਇਸ ਤੋਂ ਛੁੱਟ ਹੋਰ ਸਾਰੀਆਂ (ਕਿਤਾਬਾਂ) ਦਾ ਇਨਕਾਰ ਕਰਦੇ ਹਨ। ਜਦ ਕਿ ਇਹ (ਕੁਰਆਨ) ਹੱਕ ਹੈ ਅਤੇ ਉਸ ਕਿਤਾਬ ਦੀ ਪੁਸ਼ਟੀ ਕਰਦਾ ਹੈ ਜਿਹੜੀ ਉਹਨਾਂ ਦੇ ਕੋਲ ਹੈ। (ਹੇ ਨਬੀ ਸ.) ਇਹਨਾਂ ਨੂੰ ਪੁੱਛੋ ਕਿ ਜੇ ਤੁਸੀਂ ਈਮਾਨ ਵਾਲੇ ਹੋ ਤਾਂ ਇਸ ਤੋਂ ਪਹਿਲਾਂ ਤੁਸੀਂ ਅੱਲਾਹ ਦੇ ਨਬੀਆਂ ਨੂੰ ਕਤਲ ਕਿਉਂ ਕਰਦੇ ਰਹੇ ਹੋ?

وَلَقَدْ جَاءَكُم مُّوسَىٰ بِالْبَيِّنَاتِ ثُمَّ اتَّخَذْتُمُ
الْعِجْلَ مِن بَعْدِهِ وَأَنتُمْ ظَالِمُونَ ﴿٩٢﴾

92. ਬੇਸ਼ੱਕ ਮੂਸਾ ਤੁਹਾਡੇ ਕੋਲ ਸਪਸ਼ਟ ਮੋਅਜਜ਼ੇ (ਰੱਬੀ ਚਮਤਕਾਰ) ਲੈ ਕੇ ਆਇਆ ਪਰ ਤੁਸੀਂ ਉਸ ਦੇ (ਤੂਰ ਪਹਾੜ ਉੱਤੇ) ਜਾਣ ਤੋਂ ਬਾਅਦ ਵੱਛੇ ਦੀ ਪੂਜਾ ਕਰਨੀ ਸ਼ੁਰੂ ਕਰ ਦਿੱਤੀ। ਅਸਲ ਵਿਚ ਤੁਸੀਂ ਤਾਂ ਹੈ ਹੀ ਜ਼ਾਲਮ।

وَإِذْ أَخَذْنَا مِيثَاقَكُمْ وَرَفَعْنَا فَوْقَكُمُ الطُّورَ
خُذُوا مَا آتَيْنَاكُم بِقُوَّةٍ وَاسْمَعُوا ۖ قَالُوا سَمِعْنَا
وَعَصَيْنَا وَأُشْرِبُوا فِي قُلُوبِهِمُ الْعِجْلَ بِكُفْرِهِمْ ۚ
قُلْ بِئْسَمَا يَأْمُرُكُم بِهِ إِيمَانُكُمْ إِن كُنتُم
مُّؤْمِنِينَ ﴿٩٣﴾

93. ਅਤੇ (ਰਤਾ ਉਸ ਸਮੇਂ ਨੂੰ ਯਾਦ ਕਰੋ) ਜਦੋਂ ਤੂਰ ਪਹਾੜ ਨੂੰ ਤੁਹਾਡੇ ਉੱਤੇ ਚੁੱਕ ਕੇ ਅਸਾਂ ਤੁਹਾਥੋਂ ਪੱਕਾ ਪ੍ਰਣ ਲਿਆ ਸੀ ਅਤੇ ਹੁਕਮ ਦਿੱਤਾ ਸੀ ਕਿ ਜੋ ਵੀ (ਆਦੇਸ਼) ਤੁਹਾਨੂੰ ਦਿੱਤੇ ਗਏ ਹਨ ਉਹਨਾਂ ਦੀ ਸਖ਼ਤੀ ਨਾਲ ਪਾਲਣਾ ਕਰੋ ਅਤੇ (ਹੁਕਮਾਂ ਨੂੰ ਧਿਆਨ ਨਾਲ) ਸੁਣੋ। ਉਹਨਾਂ (ਕੌਮ) ਨੇ ਆਖਿਆ ਕਿ ਅਸੀਂ (ਸਭ) ਸੁਣ ਲਿਆ ਹੈ ਪਰ ਅਸੀਂ (ਫ਼ੇਰ ਵੀ ਹੁਕਮਾਂ ਦੀ) ਪਾਲਣਾ ਨਹੀਂ ਕਰਾਂਗੇ। ਉਹਨਾਂ ਦੇ ਇਸੇ ਇਨਕਾਰ ਕਾਰਨ ਉਹਨਾਂ ਦੇ ਮਨਾਂ ਵਿਚ ਵੱਛੇ

ਦੀ ਮੁਹੱਬਤ ਪਾ ਦਿੱਤੀ ਗਈ (ਹੇ ਨਬੀ! ਇਹਨਾਂ ਨੂੰ) ਆਖ ਦਿਓ ਕਿ ਜੇ ਤੁਸੀਂ ਮੋਮਿਨ ਹੋ ਤਾਂ (ਸਮਝ ਲਵੋ) ਕਿ ਉਹ ਕੰਮ ਸਾਰੇ ਹੀ ਬੁਰੇ ਹਨ ਜਿਨ੍ਹਾਂ ਲਈ ਤੁਹਾਡਾ ਈਮਾਨ (ਧਰਮ) ਤੁਹਾਨੂੰ ਹੁਕਮ ਦਿੰਦਾ ਹੈ।

94 (ਹੇ ਨਬੀ! ਇਹਨਾਂ ਨੂੰ) ਆਖ ਦਿਓ ਕਿ ਜੇਕਰ ਅੱਲਾਹ ਦੇ ਕੋਲ ਆਖ਼ਿਰਤ ਦਾ ਘਰ ਤੁਹਾਡੇ ਲਈ ਹੀ ਵਿਸ਼ੇਸ਼ ਕੀਤਾ ਹੋਇਆ ਹੈ ਤਾਂ ਰਤਾ ਮੌਤ ਦੀ ਇੱਛਾ ਤਾਂ ਕਰੋ ਜੇ ਤੁਸੀਂ (ਆਪਣੀ ਗੱਲ ਵਿਚ) ਸੱਚੇ ਹੋ।

قُلْ إِن كَانَتْ لَكُمُ الدَّارُ الْآخِرَةُ عِندَ اللَّهِ
خَالِصَةً مِّن دُونِ النَّاسِ فَتَمَنَّوُا الْمَوْتَ إِن
كُنتُمْ صَادِقِينَ ﴿٩٤﴾

95 ਉਹ ਆਪਣੇ ਉਹਨਾਂ ਗੁਨਾਹਾਂ ਕਾਰਨ ਜਿਹੜੇ ਉਹ ਆਪਣੇ ਹੱਥੀਂ ਕਮਾ ਕੇ ਅੱਗੇ ਭੇਜ ਚੁੱਕੇ ਹਨ, ਕਦੇ ਵੀ ਇਸ (ਮੌਤ) ਦੀ ਕਾਮਨਾ ਨਹੀਂ ਕਰਨਗੇ। ਅੱਲਾਹ ਇਹਨਾਂ ਜ਼ਾਲਮਾਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

وَلَن يَتَمَنَّوْهُ أَبَدًا بِمَا قَدَّمَتْ أَيْدِيهِمْ ۗ وَاللَّهُ
عَلِيمٌ بِالظَّالِمِينَ ﴿٩٥﴾

96. ਤੁਸੀਂ ਇਹਨਾਂ (ਯਹੂਦੀਆਂ) ਨੂੰ ਸਭ ਤੋਂ ਵਧ ਕੇ ਜਿਊਣ ਦੇ ਲਾਲਚੀ ਵੇਖੋਗੇ ਉਹਨਾਂ ਤੋਂ ਵੀ ਵੱਧ ਜਿਹੜੇ ਸ਼ਿਰਕ ਕਰਦੇ ਹਨ। ਇਹਨਾਂ ਵਿਚ ਹਰੇਕ ਵਿਅਕਤੀ ਇਹੋ ਚਾਹੁੰਦਾ ਹੈ ਕਿ ਕਾਸ਼ ਉਸ ਨੂੰ ਇਕ ਹਜ਼ਾਰ ਸਾਲ ਦੀ ਉਮਰ ਮਿਲ ਜਾਵੇ ਜਦ ਕਿ ਇਹ ਲੰਮੀਆਂ ਉਮਰਾਂ ਵੀ ਉਹਨਾਂ ਨੂੰ ਅਜ਼ਾਬ ਤੋਂ ਬਚਾਉਣ ਵਾਲੀਆਂ ਨਹੀਂ। ਜਿਹੜੇ ਇਹ ਕੰਮ ਕਰਦੇ ਹਨ ਅੱਲਾਹ ਉਹਨਾਂ ਨੂੰ ਭਲੀ-ਭਾਂਤ ਜਾਣਦਾ ਹੈ।

وَلَتَجِدَنَّهُمْ أَحْرَصَ النَّاسِ عَلَىٰ حَيَاةٍ وَمِنَ
الَّذِينَ أَشْرَكُوا ۚ يَوَدُّ أَحَدُهُمْ لَوْ يُعَمَّرُ أَلْفَ
سَنَةٍ وَمَا هُوَ بِمُزَحْزِحِهِ مِنَ الْعَذَابِ أَن
يُعَمَّرَ ۗ وَاللَّهُ بَصِيرٌ بِمَا يَعْمَلُونَ ﴿٩٦﴾

97. (ਹੇ ਨਬੀ) ਤੁਸੀਂ ਆਖ ਦਿਓ ਕਿ ਜਿਹੜਾ ਵੀ ਕੋਈ ਜਿਬਰਾਈਲ ਦਾ ਵੈਰੀ ਹੈ (ਉਸ ਨੂੰ ਪਤਾ ਹੋਣਾ ਚਾਹੀਦਾ ਹੈ) ਕਿ ਉਹਨੇ ਹੀ ਇਸ ਕੁਰਆਨ ਨੂੰ ਅੱਲਾਹ ਦੇ ਹੁਕਮਾਂ ਅਨੁਸਾਰ ਆਪ (ਮੁਹੰਮਦ) ਦੇ ਦਿਲ 'ਤੇ ਨਾਜ਼ਿਲ ਕੀਤਾ ਹੈ। ਇਹ (ਕੁਰਆਨ) ਉਸ (ਤੌਰੈਤ) ਦੀ ਵੀ (ਅੱਲਾਹ ਵੱਲੋਂ ਹੋਣ ਦੀ) ਪੁਸ਼ਟੀ ਕਰਦਾ ਹੈ ਜਿਹੜੀ ਇਸ (ਕੁਰਆਨ) ਤੋਂ

قُلْ مَن كَانَ عَدُوًّا لِّجِبْرِيلَ فَإِنَّهُ نَزَّلَهُ عَلَىٰ
قَلْبِكَ بِإِذْنِ اللَّهِ مُصَدِّقًا لِّمَا بَيْنَ يَدَيْهِ
وَهُدًى وَبُشْرَىٰ لِلْمُؤْمِنِينَ ﴿٩٧﴾

ਪਹਿਲਾਂ ਨਾਜ਼ਿਲ ਹੋਈ ਸੀ ਅਤੇ (ਇਸ ਵਿਚ) ਈਮਾਨ ਵਾਲਿਆਂ ਲਈ ਹਿਦਾਇਤਾਂ ਅਤੇ ਖ਼ੁਸ਼ਖ਼ਬਰੀਆਂ ਹਨ।

مَنْ كَانَ عَدُوًّا لِّلّٰهِ وَمَلٰٓئِكَتِهٖ وَرُسُلِهٖ
وَجِبْرِيْلَ وَمِيْكٰلَ فَاِنَّ اللّٰهَ عَدُوٌّ لِّلْكٰفِرِيْنَ ﴿٩٨﴾

98 ਜਿਹੜਾ ਵੀ ਕੋਈ ਅੱਲਾਹ ਦਾ, ਉਸ ਦੇ ਫ਼ਰਿਸ਼ਤਿਆਂ ਦਾ, ਰਸੂਲਾਂ ਦਾ, ਜਿਬਰਾਈਲ ਤੇ ਮੀਕਾਈਲ (ਫ਼ਰਿਸ਼ਤਿਆਂ) ਦਾ ਵੈਰੀ ਹੈ ਤਾਂ ਅੱਲਾਹ ਵੀ (ਉਹਨਾਂ) ਕਾਫ਼ਰਾਂ ਦਾ ਵੈਰੀ ਹੈ।

وَلَقَدْ اَنْزَلْنَآ اِلَيْكَ اٰيٰتٍۭ بَيِّنٰتٍ ۚ وَمَا يَكْفُرُ بِهَآ
اِلَّا الْفٰسِقُوْنَ ﴿٩٩﴾

99 (ਹੇ ਨਬੀ!) ਜਿਹੜੀਆਂ ਖੁੱਲ੍ਹੀਆਂ ਆਇਤਾਂ ਅਸੀਂ ਤੁਹਾਡੇ ਵੱਲ ਭੇਜੀਆਂ ਹਨ, ਛੁੱਟ ਨਾ-ਫ਼ਰਮਾਨਾਂ ਤੋਂ, ਉਹਨਾਂ ਦਾ ਕੋਈ ਵੀ ਇਨਕਾਰ ਨਹੀਂ ਕਰਦਾ।

اَوَكُلَّمَا عٰهَدُوْا عَهْدًا نَّبَذَهٗ فَرِيْقٌ مِّنْهُمْ ۭ بَلْ
اَكْثَرُهُمْ لَا يُؤْمِنُوْنَ ﴿١٠٠﴾

100 ਕੀ ਇਸ ਤਰ੍ਹਾਂ ਨਹੀਂ ਹੁੰਦਾ ਰਿਹਾ ਕਿ ਜਦੋਂ ਵੀ ਉਹਨਾਂ (ਯਹੂਦੀਆਂ) ਨੇ ਕੋਈ ਪ੍ਰਣ ਕੀਤਾ ਤਾਂ ਉਹਨਾਂ ਵਿੱਚੋਂ ਹੀ ਇਕ ਧਿਰ ਨੇ ਉਸ ਨੂੰ ਤੋੜ ਸੁੱਟਿਆ। ਇਹਨਾਂ ਵਿੱਚੋਂ ਬਥੇਰੇ ਲੋਕ ਈਮਾਨ ਲਿਆਉਂਦੇ ਹੀ ਨਹੀਂ।

وَلَمَّا جَآءَهُمْ رَسُوْلٌ مِّنْ عِنْدِ اللّٰهِ مُصَدِّقٌ
لِّمَا مَعَهُمْ نَبَذَ فَرِيْقٌ مِّنَ الَّذِيْنَ اُوْتُوا الْكِتٰبَ ۙ
كِتٰبَ اللّٰهِ وَرَآءَ ظُهُوْرِهِمْ كَاَنَّهُمْ لَا يَعْلَمُوْنَ ﴿١٠١﴾

101 ਜਦੋਂ ਵੀ ਅੱਲਾਹ ਵੱਲੋਂ ਇਹਨਾਂ ਕੋਲ ਕੋਈ ਨਬੀ ਆਇਆ ਜਿਹੜਾ ਇਹਨਾਂ ਕੋਲ ਮੌਜੂਦ (ਅੱਲਾਹ ਵੱਲੋਂ ਆਈਆਂ) ਕਿਤਾਬਾਂ ਦੀ ਪੁਸ਼ਟੀ ਕਰਦਾ ਸੀ। ਜਿਨ੍ਹਾਂ ਨੂੰ ਕਿਤਾਬ ਦਿੱਤੀ ਗਈ ਸੀ ਉਹਨਾਂ ਵਿੱਚੋਂ ਹੀ ਇਕ ਧਿਰ ਨੇ ਅੱਲਾਹ ਦੀ ਕਿਤਾਬ ਨੂੰ ਇਸ ਤਰ੍ਹਾਂ ਪਿੱਠ ਪਿੱਛੇ ਸੁੱਟ ਦਿੱਤਾ ਜਿਵੇਂ ਕਿ ਉਹ ਕੁੱਝ ਜਾਣਦੇ ਹੀ ਨਹੀਂ।

102. ਸਗੋਂ ਉਹਨਾਂ ਨੇ ਉਸ ਦੀ ਪੈਰਵੀ ਕੀਤੀ ਜਿਸ ਨੂੰ ਸ਼ੈਤਾਨ ਸੁਲੇਮਾਨ ਦੀ ਹਕੂਮਤ ਵਿਚ ਪੜ੍ਹਿਆ ਕਰਦੇ ਸਨ। ਸੁਲੇਮਾਨ ਨੇ ਕੁਫ਼ਰ ਨਹੀਂ ਸੀ ਕੀਤਾ ਸਗੋਂ ਸ਼ੈਤਾਨਾਂ ਨੇ ਹੀ ਕੁਫ਼ਰ ਕੀਤਾ ਸੀ। ਉਹ ਲੋਕਾਂ ਨੂੰ ਜਾਦੂ ਦੀ ਸਿੱਖਿਆ ਦਿੰਦੇ ਸਨ। ਉਹਨਾਂ ਨੇ ਉਸ ਦੀ ਪੈਰਵੀ ਕੀਤੀ ਜੋ ਬਾਬੁਲ ਵਿਖੇ ਹਾਰੂਤ ਤੇ ਮਾਰੂਤ (ਨਾਂ ਦੇ) ਦੋ ਫ਼ਰਿਸ਼ਤਿਆਂ ਉੱਤੇ ਨਾਜ਼ਿਲ ਕੀਤਾ ਗਿਆ ਸੀ। ਉਹ ਦੋਵੇਂ ਫ਼ਰਿਸ਼ਤੇ ਲੋਕਾਂ ਨੂੰ ਜਾਦੂ ਸਿਖਾਉਣ ਤੋਂ ਪਹਿਲਾਂ ਕਹਿ ਦਿੰਦੇ ਸਨ ਕਿ ਅਸੀਂ ਤਾਂ ਕੇਵਲ (ਤੁਹਾਡੀ) ਅਜ਼ਮਾਇਸ਼ (ਲਈ ਆਏ) ਹਾਂ, ਸੋ ਤੁਸੀਂ ਕੁਫ਼ਰ ਨਾ ਕਰੋ। ਪਰ ਲੋਕੀ ਉਹਨਾਂ ਦੋਵਾਂ (ਫ਼ਰਿਸ਼ਤਿਆਂ) ਤੋਂ ਉਹ ਜਾਦੂ ਸਿਖਦੇ ਜਿਸ ਨਾਲ ਉਹ ਪਤੀ ਪਤਨੀ ਵਿਚ ਜੁਦਾਈ ਪਾ ਦੇਣ ਜਦ ਕਿ ਉਹ ਜਾਦੂ ਰਾਹੀਂ ਛੁੱਟ ਅੱਲਾਹ ਦੇ ਹੁਕਮਾਂ ਤੋਂ ਕਿਸੇ ਨੂੰ ਕੋਈ ਹਾਨੀ ਨਹੀਂ ਪਹੁੰਚਾ ਸਕਦੇ ਸੀ ਅਤੇ ਲੋਕ ਵੀ ਉਹਨਾਂ (ਫ਼ਰਿਸ਼ਤਿਆਂ) ਤੋਂ ਉਹ ਗਿਆਨ ਸਿਖਦੇ ਸੀ ਜਿਹੜਾ ਉਹਨਾਂ ਨੂੰ ਨੁਕਸਾਨ ਪਹੁੰਚਾਉਂਦਾ ਸੀ, ਨਾ ਕਿ ਕੋਈ ਲਾਭ। ਜਦ ਕਿ ਉਹ ਚੰਗੀ ਤਰ੍ਹਾਂ ਜਾਣਦੇ ਸਨ ਕਿ ਜਿਸ ਨੇ ਵੀ ਇਸ (ਜਾਦੂ) ਨੂੰ ਖ਼ਰੀਦਿਆ (ਸਿੱਖਿਆ) ਆਖ਼ਿਰਤ ਵਿਚ ਉਸ ਦਾ ਕੁੱਝ ਵੀ ਹਿੱਸਾ ਨਹੀਂ। ਜਿਸ ਚੀਜ਼ (ਜਾਦੂ) ਦੇ ਬਦਲੇ ਵਿਚ ਉਹਨਾਂ ਨੇ ਆਪਣੀਆਂ ਜਾਨਾਂ ਦਾ ਸੌਦਾ ਕੀਤਾ ਸੀ ਉਹ ਬਹੁਤ ਹੀ ਭੈੜੀ ਚੀਜ਼ ਸੀ। ਕਾਸ਼! ਉਹ ਜਾਣਦੇ (ਕਿ ਉਹ ਕੀ ਕਰ ਰਹੇ ਹਨ)।

وَاتَّبَعُوْا مَا تَتْلُوا الشَّيٰطِيْنُ عَلٰى مُلْكِ سُلَيْمٰنَ ۚ
وَمَا كَفَرَ سُلَيْمٰنُ وَلٰكِنَّ الشَّيٰطِيْنَ كَفَرُوْا يُعَلِّمُوْنَ
النَّاسَ السِّحْرَ ۚ وَمَآ اُنْزِلَ عَلَى الْمَلَكَيْنِ بِبَابِلَ
هَارُوْتَ وَمَارُوْتَ ۚ وَمَا يُعَلِّمٰنِ مِنْ اَحَدٍ
حَتّٰى يَقُوْلَآ اِنَّمَا نَحْنُ فِتْنَةٌ فَلَا تَكْفُرْ ۚ
فَيَتَعَلَّمُوْنَ مِنْهُمَا مَا يُفَرِّقُوْنَ بِهٖ بَيْنَ الْمَرْءِ
وَزَوْجِهٖ ۚ وَمَا هُمْ بِضَآرِّيْنَ بِهٖ مِنْ اَحَدٍ اِلَّا
بِاِذْنِ اللّٰهِ ۚ وَيَتَعَلَّمُوْنَ مَا يَضُرُّهُمْ وَلَا
يَنْفَعُهُمْ ۚ وَلَقَدْ عَلِمُوْا لَمَنِ اشْتَرٰىهُ مَا لَهٗ
فِى الْاٰخِرَةِ مِنْ خَلَاقٍ ۚ وَلَبِئْسَ مَا شَرَوْا بِهٖٓ
اَنْفُسَهُمْ ۚ لَوْ كَانُوْا يَعْلَمُوْنَ ﴿١٠٢﴾

103. ਜੇ ਉਹ ਈਮਾਨ ਲਿਆਉਂਦੇ ਅਤੇ ਰੱਬ ਤੋਂ ਡਰਦੇ ਹੋਏ ਬੁਰਾਈਆਂ ਤੋਂ ਬਚੇ ਰਹਿੰਦੇ ਤਾਂ ਅੱਲਾਹ ਦੇ ਕੋਲ ਬੇਸ਼ੱਕ ਉਹਨਾਂ ਨੂੰ ਇਸ ਦਾ ਬਹੁਤ ਹੀ ਵਧੀਆ ਬਦਲਾ ਮਿਲਦਾ। ਕਾਸ਼! ਜੇ ਉਹ ਜਾਣਦੇ।

وَلَوْ اَنَّهُمْ اٰمَنُوْا وَاتَّقَوْا لَمَثُوْبَةٌ مِّنْ عِنْدِ اللّٰهِ
خَيْرٌ ۚ لَوْ كَانُوْا يَعْلَمُوْنَ ﴿١٠٣﴾

يَٰٓأَيُّهَا ٱلَّذِينَ ءَامَنُوا۟ لَا تَقُولُوا۟ رَٰعِنَا وَقُولُوا۟ ٱنظُرْنَا وَٱسْمَعُوا۟ ۗ وَلِلْكَٰفِرِينَ عَذَابٌ أَلِيمٌ ﴿١٠٤﴾

104. ਹੇ ਈਮਾਨ ਵਾਲਿਓ! (ਜਦੋਂ ਤੁਸੀਂ ਨਬੀ (ਸ:) ਨੂੰ ਸੰਬੋਧਿਤ ਕਰੋ ਤਾਂ) 'ਰਾਇਨਾ'[1] ਨਾ ਆਖੋ ਸਗੋਂ 'ਉਨਜ਼ੁਰਨਾ' ਆਖੋ ਅਤੇ ਤੁਸੀਂ (ਨਬੀ ਦੀ ਗੱਲ ਨੂੰ) ਧਿਆਨ ਨਾਲ ਸੁਣੋ। ਇਨਕਾਰੀਆਂ ਲਈ ਤਾਂ ਬਹੁਤ ਹੀ ਦੁਖਦਾਈ ਅਜ਼ਾਬ ਹੈ।

مَّا يَوَدُّ ٱلَّذِينَ كَفَرُوا۟ مِنْ أَهْلِ ٱلْكِتَٰبِ وَلَا ٱلْمُشْرِكِينَ أَن يُنَزَّلَ عَلَيْكُم مِّنْ خَيْرٍ مِّن رَّبِّكُمْ ۗ وَٱللَّهُ يَخْتَصُّ بِرَحْمَتِهِۦ مَن يَشَآءُ ۚ وَٱللَّهُ ذُو ٱلْفَضْلِ ٱلْعَظِيمِ ﴿١٠٥﴾

105 ਹੇ ਨਬੀ! ਅਹਲੇ ਕਿਤਾਬ (ਯਹੂਦੀ ਤੇ ਈਸਾਈਆਂ) ਵਿੱਚੋਂ ਜਿਨ੍ਹਾਂ ਨੇ ਵੀ ਕੁਫ਼ਰ ਕੀਤਾ ਉਹ ਨਹੀਂ ਚਾਹੁੰਦੇ ਅਤੇ ਨਾ ਹੀ ਮੁਸ਼ਰਿਕ ਚਾਹੁੰਦੇ ਹਨ ਕਿ ਤੁਹਾਡੇ 'ਤੇ ਤੁਹਾਡੇ ਰੱਬ ਵੱਲੋਂ ਕੋਈ ਭਲਾਈ (ਪੈਗ਼ੰਬਰੀ) ਨਾਜ਼ਿਲ ਹੋਵੇ ਪਰ ਅੱਲਾਹ ਜਿਸ ਨੂੰ ਚਾਹੁੰਦਾ ਹੈ ਉਸੇ ਨੂੰ ਆਪਣੀਆਂ ਮਿਹਰਾਂ ਲਈ ਚੁਣ ਲੈਂਦਾ ਹੈ। ਅੱਲਾਹ ਹੀ ਵੱਡੇ ਫ਼ਜ਼ਲਾਂ ਦਾ ਮਾਲਿਕ ਹੈ।

۞ مَا نَنسَخْ مِنْ ءَايَةٍ أَوْ نُنسِهَا نَأْتِ بِخَيْرٍ مِّنْهَآ أَوْ مِثْلِهَآ ۗ أَلَمْ تَعْلَمْ أَنَّ ٱللَّهَ عَلَىٰ كُلِّ شَىْءٍ قَدِيرٌ ﴿١٠٦﴾

106. ਜਿਹੜੀਆਂ ਆਇਤਾਂ ਅਸੀਂ (ਅੱਲਾਹ) ਰੱਦ ਕਰ ਦਿੰਦੇ ਹਾਂ ਜਾਂ (ਨਬੀ ਤੋਂ) ਭੁਲਾ ਦਿੰਦੇ ਹਾਂ ਤਾਂ ਅਸੀਂ ਉਹਨਾਂ (ਆਇਤਾਂ) ਤੋਂ ਵੀ ਵਧੀਆ ਜਾਂ ਉਹਨਾਂ ਜਿਹੀਆਂ ਹੋਰ (ਆਇਤਾਂ) ਲਿਆਉਂਦੇ ਹਾਂ। ਕੀ ਤੁਸੀਂ ਨਹੀਂ ਜਾਣਦੇ ਕਿ ਬੇਸ਼ੱਕ ਅੱਲਾਹ ਹੀ ਹਰ ਕੰਮ ਕਰਨ ਦੀ ਸਮਰਥਾ ਰੱਖਦਾ ਹੈ?

أَلَمْ تَعْلَمْ أَنَّ ٱللَّهَ لَهُۥ مُلْكُ ٱلسَّمَٰوَٰتِ وَٱلْأَرْضِ ۗ وَمَا لَكُم مِّن دُونِ ٱللَّهِ مِن وَلِىٍّ وَلَا نَصِيرٍ ﴿١٠٧﴾

107. ਕੀ ਤੁਸੀਂ ਨਹੀਂ ਜਾਣਦੇ ਕਿ ਬੇਸ਼ੱਕ ਅੱਲਾਹ ਲਈ ਹੀ ਅਕਾਸ਼ਾਂ ਤੇ ਧਰਤੀ ਦੀ ਪਾਤਸ਼ਾਹੀ ਹੈ? ਤੁਹਾਡੇ ਲਈ ਅੱਲਾਹ ਤੋਂ ਛੁੱਟ ਨਾ ਕੋਈ ਹਿਮਾਇਤੀ ਹੈ ਅਤੇ ਨਾ ਹੀ ਕੋਈ ਮਦਦ ਕਰਨ ਵਾਲਾ ਹੈ।

---

1 "ਰਾਇਨਾ" ਤੋਂ ਭਾਵ ਹੈ ਸਾਡੇ ਵੱਲ ਧਿਆਨ ਦਿਓ ਪਰ ਯਹੂਦੀ ਇਸ ਸ਼ਬਦ ਨੂੰ ਵਿਗਾੜ ਕੇ "ਰਾਈਨਾ" ਆਖਦੇ ਸਨ ਜਿਸਦਾ ਅਰਥ ਹੈ ਮੂਰਖ। ਇੰਜ ਉਹ ਨਬੀ ਕਰੀਮ (ਸ:) ਦਾ ਨਿਰਾਦਰ ਕਰਦੇ ਸਨ ਮੁਸਲਮਾਨਾਂ ਨੂੰ ਇਹ ਸ਼ਬਦ ਬੋਲਣ ਤੋਂ ਰੋਕ ਦਿੱਤਾ ਗਿਆ ਅਤੇ ਇਸ ਦੀ ਥਾਂ 'ਤੇ ਉਨਜ਼ੁਰਨਾ ਕਹਿਣ ਦਾ ਹੁਕਮ ਦਿੱਤਾ ਗਿਆ ਜਿਸ ਦਾ ਅਰਥ ਹੈ ਸਾਡੇ ਵੱਲ ਧਿਆਨ ਦੇਓ।

108 (ਹੇ ਮੁਸਲਮਾਨੋ!) ਕੀ ਤੁਸੀਂ ਵੀ ਆਪਣੇ ਰਸੂਲ (ਮੁਹੰਮਦ) ਤੋਂ (ਬੇ-ਤੁਕੇ) ਸਵਾਲ ਕਰਨਾ ਚਾਹੁੰਦੇ ਹੋ ਜਿਵੇਂ ਇਸ ਤੋਂ ਪਹਿਲਾਂ ਮੂਸਾ ਤੋਂ ਸਵਾਲ ਕੀਤੇ ਗਏ ਸਨ। ਜਿਹੜਾ ਵੀ ਈਮਾਨ ਦੀ ਥਾਂ ਕੁਫ਼ਰ ਦੀ ਰਾਹ ਇਖ਼ਤਿਆਰ ਕਰੇਗਾ ਬੇਸ਼ੱਕ ਉਹ ਸਿੱਧੀ ਰਾਹ ਤੋਂ ਭਟਕ ਗਿਆ।

أَمْ تُرِيدُونَ أَنْ تَسْأَلُوا رَسُولَكُمْ كَمَا سُئِلَ
مُوسَىٰ مِنْ قَبْلُ ۗ وَمَنْ يَتَبَدَّلِ الْكُفْرَ بِالْإِيمَانِ
فَقَدْ ضَلَّ سَوَاءَ السَّبِيلِ ﴿١٠٨﴾

109. ਅਹਲੇ ਕਿਤਾਬ ਵਿੱਚੋਂ ਬਹੁਤੇ ਲੋਕ ਇਹ ਚਾਹੁੰਦੇ ਹਨ ਕਿ ਕਾਸ਼ ਉਹ ਤੁਹਾਡੇ ਈਮਾਨ ਲਿਆਉਣ ਤੋਂ ਬਾਅਦ ਤੁਹਾਨੂੰ ਮੁੜ ਕਾਫ਼ਿਰ ਬਣਾ ਦੇਣ। ਉਹ ਆਪਣੇ ਦਿਲਾਂ ਵਿਚ (ਤੁਹਾਡੇ ਪ੍ਰਤੀ) ਈਰਖਾ ਰੱਖਦੇ ਹਨ ਜਦ ਕਿ ਉਹਨਾਂ ਦੇ ਸਾਹਮਣੇ ਹੱਕ ਵੀ ਸਪਸ਼ਟ ਹੋ ਗਿਆ ਹੈ। ਸੋ ਤੁਸੀਂ ਉਹਨਾਂ ਨੂੰ ਖ਼ਿਮਾ ਕਰ ਦਿਓ ਅਤੇ ਉਹਨਾਂ ਦੇ ਹਾਲ 'ਤੇ ਛੱਡ ਦਿਓ ਇੱਥੋਂ ਤਕ ਕਿ ਅੱਲਾਹ ਉਹਨਾਂ ਲਈ ਆਪਣਾ ਕੋਈ ਵਿਸ਼ੇਸ਼ ਹੁਕਮ ਲਾਗੂ ਕਰ ਦੇਵੇ। ਬੇਸ਼ੱਕ ਅੱਲਾਹ ਹਰੇਕ ਚੀਜ਼ ਕਰਨ ਦੀ ਕੁਦਰਤ ਰੱਖਦਾ ਹੈ।

وَدَّ كَثِيرٌ مِنْ أَهْلِ الْكِتَابِ لَوْ يَرُدُّونَكُمْ مِنْ
بَعْدِ إِيمَانِكُمْ كُفَّارًا حَسَدًا مِنْ عِنْدِ أَنْفُسِهِمْ
مِنْ بَعْدِ مَا تَبَيَّنَ لَهُمُ الْحَقُّ ۖ فَاعْفُوا وَاصْفَحُوا
حَتَّىٰ يَأْتِيَ اللَّهُ بِأَمْرِهِ ۗ إِنَّ اللَّهَ عَلَىٰ كُلِّ شَيْءٍ
قَدِيرٌ ﴿١٠٩﴾

110. ਹੇ ਮੁਸਲਮਾਨੋ! ਤੁਸੀਂ ਨਮਾਜ਼ ਕਾਇਮ ਕਰੋ, ਜ਼ਕਾਤ ਅਦਾ ਕਰੋ। ਤੁਸੀਂ ਆਪਣੇ ਲਈ ਜਿਹੜੀ ਵੀ ਭਲਾਈ ਅੱਗੇ ਭੇਜੋਗੇ ਉਸ ਨੂੰ ਅੱਲਾਹ ਕੋਲ ਹਾਜ਼ਿਰ ਪਾਓਗੇ। ਬੇਸ਼ੱਕ ਤੁਸੀਂ ਜੋ ਵੀ ਅਮਲ ਕਰਦੇ ਹੋ ਅੱਲਾਹ ਉਹਨਾਂ ਸਭ ਨੂੰ ਵੇਖਦਾ ਹੈ।

وَأَقِيمُوا الصَّلَاةَ وَآتُوا الزَّكَاةَ ۚ وَمَا تُقَدِّمُوا لِأَنْفُسِكُمْ
مِنْ خَيْرٍ تَجِدُوهُ عِنْدَ اللَّهِ ۗ إِنَّ اللَّهَ بِمَا تَعْمَلُونَ
بَصِيرٌ ﴿١١٠﴾

111. ਇਹ (ਅਹਲੇ ਕਿਤਾਬ) ਕਹਿੰਦੇ ਹਨ ਕਿ ਜੰਨਤ ਵਿਚ ਤਾਂ ਕੇਵਲ ਯਹੂਦੀ ਤੇ ਨਸਰਾਨੀ (ਈਸਾਈ) ਹੀ ਜਾਣਗੇ (ਜਦ ਕਿ) ਇਹ ਸਭ ਉਹਨਾਂ ਦੀਆਂ (ਝੂਠੀਆਂ) ਆਸਾਂ ਹਨ (ਹੇ ਨਬੀ!) ਤੁਸੀਂ ਆਖ ਦਿਓ ਕਿ ਜੇ ਤੁਸੀਂ ਇਸ ਗੱਲ ਵਿਚ ਸੱਚੇ ਹੋ ਤਾਂ ਕੋਈ ਦਲੀਲ ਪੇਸ਼ ਕਰੋ।

وَقَالُوا لَنْ يَدْخُلَ الْجَنَّةَ إِلَّا مَنْ كَانَ هُودًا
أَوْ نَصَارَىٰ ۗ تِلْكَ أَمَانِيُّهُمْ ۗ قُلْ هَاتُوا بُرْهَانَكُمْ
إِنْ كُنْتُمْ صَادِقِينَ ﴿١١١﴾

112. ਕਿਉਂ ਨਹੀਂ ਉਹ (ਜੰਨਤ ਵਿਚ ਜਾਵੇਗਾ) ਜਿਸ ਨੇ ਆਪਣੇ ਚਿਹਰੇ (ਸੀਸ) ਨੂੰ ਅੱਲਾਹ ਅੱਗੇ ਝੁਕਾ ਦਿੱਤਾ ਹੈ, ਜਦ ਕਿ ਉਹ ਨੇਕੀ ਵੀ ਕਰਨ ਵਾਲਾ ਹੈ। ਉਸ ਦਾ ਬਦਲਾ ਉਸ ਦੇ ਰੱਬ ਕੋਲ ਹੈ। ਨਾ ਹੀ ਉਹਨਾਂ ਨੂੰ (ਨਰਕ ਦਾ) ਡਰ ਹੋਵੇਗਾ ਅਤੇ ਨਾ ਹੀ ਉਹ ਦੁਖੀ ਹੋਣਗੇ।

بَلَىٰ مَنْ أَسْلَمَ وَجْهَهُ لِلَّهِ وَهُوَ مُحْسِنٌ فَلَهُ أَجْرُهُ
عِنْدَ رَبِّهِ وَلَا خَوْفٌ عَلَيْهِمْ وَلَا هُمْ يَحْزَنُونَ ﴿١١٢﴾

113 ਯਹੂਦੀ ਆਖਦੇ ਹਨ ਕਿ ਈਸਾਈਆਂ ਦਾ ਕੋਈ ਅਧਾਰ ਨਹੀਂ ਅਤੇ ਈਸਾਈ ਆਖਦੇ ਹਨ ਕਿ ਯਹੂਦੀਆਂ ਦਾ ਕੋਈ ਅਧਾਰ ਨਹੀਂ ਜਦ ਕਿ ਉਹ ਦੋਵੇਂ ਕਿਤਾਬ (ਤੌਰੈਤ ਅਤੇ ਇੰਜੀਲ) ਪੜ੍ਹਦੇ ਹਨ ਇਸੇ ਤਰ੍ਹਾਂ ਜੋ ਲੋਕ ਕੁੱਝ ਵੀ ਗਿਆਨ ਨਹੀਂ ਰੱਖਦੇ ਉਹ ਵੀ ਇਸੇ ਤਰ੍ਹਾਂ ਦੀਆਂ ਮਿਲਦੀਆਂ ਜੁਲਦੀਆਂ ਗੱਲਾਂ ਕਰਦੇ ਹਨ। ਕਿਆਮਤ ਵਾਲੇ ਦਿਨ ਅੱਲਾਹ ਉਹਨਾਂ ਦੇ ਵਿਚਕਾਰ ਦੇ ਸਾਰੇ ਮੱਤਭੇਦਾਂ ਦਾ ਫ਼ੈਸਲਾ ਕਰ ਦੇਵੇਗਾ।

وَقَالَتِ الْيَهُودُ لَيْسَتِ النَّصَارَىٰ عَلَىٰ شَيْءٍ وَقَالَتِ
النَّصَارَىٰ لَيْسَتِ الْيَهُودُ عَلَىٰ شَيْءٍ وَهُمْ يَتْلُونَ
الْكِتَابَ كَذَٰلِكَ قَالَ الَّذِينَ لَا يَعْلَمُونَ مِثْلَ قَوْلِهِمْ
فَاللَّهُ يَحْكُمُ بَيْنَهُمْ يَوْمَ الْقِيَامَةِ فِيمَا كَانُوا فِيهِ
يَخْتَلِفُونَ ﴿١١٣﴾

114 ਇਸ ਤੋਂ ਵੱਧ ਕੇ ਜ਼ਾਲਮ ਕੌਣ ਹੋਵੇਗਾ ਜਿਹੜਾ ਲੋਕਾਂ ਨੂੰ ਮਸੀਤਾਂ ਵਿਚ ਅੱਲਾਹ ਦਾ ਜ਼ਿਕਰ (ਇਬਾਦਤ) ਕਰਨ ਤੋਂ ਰੋਕਦਾ ਹੈ ਅਤੇ ਉਹਨਾਂ ਨੂੰ ਉਜਾੜਨ ਦੀ ਕੋਸ਼ਿਸ਼ ਕਰਦਾ ਹੈ। ਜਦ ਕਿ ਉਹਨਾਂ ਨੂੰ ਚਾਹੀਦਾ ਸੀ ਕਿ (ਰੱਬ ਤੋਂ) ਡਰਦੇ ਹੋਏ (ਮਸੀਤਾਂ) ਵਿਚ ਜਾਣ, ਅਜਿਹੇ ਵਿਅਕਤੀਆਂ ਲਈ ਦੁਨੀਆਂ ਵਿਚ ਵੀ ਰੁਸਵਾਈ ਹੈ ਅਤੇ ਆਖ਼ਿਰਤ ਵਿਚ ਕਰੜੇ ਅਜ਼ਾਬ (ਸਜ਼ਾਵਾਂ) ਹਨ।

وَمَنْ أَظْلَمُ مِمَّنْ مَنَعَ مَسَاجِدَ اللَّهِ أَنْ يُذْكَرَ
فِيهَا اسْمُهُ وَسَعَىٰ فِي خَرَابِهَا أُولَٰئِكَ مَا كَانَ لَهُمْ
أَنْ يَدْخُلُوهَا إِلَّا خَائِفِينَ لَهُمْ فِي الدُّنْيَا خِزْيٌ
وَلَهُمْ فِي الْآخِرَةِ عَذَابٌ عَظِيمٌ ﴿١١٤﴾

115 ਪੂਰਬ ਤੇ ਪੱਛਮ ਦਾ ਮਾਲਿਕ ਅੱਲਾਹ ਹੀ ਹੈ। ਤੁਸੀਂ ਜਿਸ ਦਿਸ਼ਾ ਵੱਲ ਵੀ ਚਿਹਰਾ ਕਰੋਗੇ ਉਸੇ ਵੱਲ ਅੱਲਾਹ ਹੈ। ਅੱਲਾਹ ਸਰਬ ਵਿਆਪੀ ਅਤੇ ਸਭ ਕੁੱਝ ਜਾਣਨ ਵਾਲਾ ਹੈ।

وَلِلَّهِ الْمَشْرِقُ وَالْمَغْرِبُ فَأَيْنَمَا تُوَلُّوا فَثَمَّ
وَجْهُ اللَّهِ إِنَّ اللَّهَ وَاسِعٌ عَلِيمٌ ﴿١١٥﴾

116. ਇਹ (ਅਹਲੇ ਕਿਤਾਬ) ਆਖਦੇ ਹਨ ਕਿ ਅੱਲਾਹ ਦੀ ਸੰਤਾਨ ਹੈ[1] ਜਦ ਕਿ ਅੱਲਾਹ (ਇਹਨਾਂ ਗੱਲਾਂ ਤੋਂ) ਪਾਕ ਹੈ। ਜੋ ਕੁੱਝ ਵੀ ਅਕਾਸ਼ਾਂ ਅਤੇ ਧਰਤੀ ਵਿਚ ਹੈ ਉਹ ਸਭ ਉਸੇ ਦਾ ਹੀ ਹੈ, ਹਰੇਕ ਚੀਜ਼ ਉਸੇ ਦੀ ਆਗਿਆਕਾਰੀ ਹੈ।

وَقَالُوا اتَّخَذَ اللّٰهُ وَلَدًا ۙ سُبْحٰنَهٗ ۭ بَلْ لَّهٗ مَا فِي
السَّمٰوٰتِ وَالْاَرْضِ ۭ كُلٌّ لَّهٗ قٰنِتُوْنَ ﴿١١٦﴾

117 ਉਹ ਅਕਾਸ਼ਾਂ ਅਤੇ ਧਰਤੀ ਦਾ ਕਾਢਕਾਰ ਹੈ ਜਦੋਂ ਉਹ ਕੋਈ ਕੰਮ ਕਰਨਾ ਚਾਹੁੰਦਾ ਹੈ ਤਾਂ ਇਸ ਲਈ ਕੇਵਲ ਇਹੋ ਕਹਿੰਦਾ ਹੈ ਕਿ 'ਹੋ ਜਾ' ਅਤੇ ਉਹ ਹੋ ਜਾਂਦਾ ਹੈ।

بَدِيْعُ السَّمٰوٰتِ وَالْاَرْضِ ۭ وَاِذَا قَضٰٓى اَمْرًا
فَاِنَّمَا يَقُوْلُ لَهٗ كُنْ فَيَكُوْنُ ﴿١١٧﴾

118. ਅਤੇ ਉਹ ਲੋਕ ਜਿਹੜੇ ਕੁੱਝ ਵੀ ਗਿਆਨ ਨਹੀਂ ਰੱਖਦੇ ਆਖਦੇ ਹਨ ਕਿ ਅੱਲਾਹ ਸਾਡੇ ਨਾਲ ਗੱਲਾਂ ਕਿਉਂ ਨਹੀਂ ਕਰਦਾ? ਜਾਂ ਸਾਡੇ ਕੋਲ ਕੋਈ ਨਿਸ਼ਾਨੀ ਕਿਉਂ ਨਹੀਂ ਆਈ? ਇਹੋ ਜਿਹੀਆਂ ਗੱਲਾਂ ਇਹਨਾਂ ਤੋਂ ਪਹਿਲਾਂ ਬੀਤ ਚੁੱਕੇ ਲੋਕ ਵੀ ਕਰਦੇ ਸਨ। ਇਹਨਾਂ ਸਭਨਾਂ ਦੀ ਸੋਚ ਇੱਕੋ ਜਿਹੀ ਹੈ। ਅਸੀਂ ਸੱਚਾਈ ਉੱਤੇ ਵਿਸ਼ਵਾਸ ਕਰਨ ਵਾਲਿਆਂ ਲਈ ਆਪਣੀਆਂ ਨਿਸ਼ਾਨੀਆਂ ਸਪਸ਼ਟ ਕਰ ਦਿੱਤੀਆਂ ਹਨ।

وَقَالَ الَّذِيْنَ لَا يَعْلَمُوْنَ لَوْلَا يُكَلِّمُنَا اللّٰهُ
اَوْ تَاْتِيْنَآ اٰيَةٌ ۭ كَذٰلِكَ قَالَ الَّذِيْنَ مِنْ قَبْلِهِمْ
مِّثْلَ قَوْلِهِمْ ۭ تَشَابَهَتْ قُلُوْبُهُمْ ۭ قَدْ بَيَّنَّا الْاٰيٰتِ
لِقَوْمٍ يُّوْقِنُوْنَ ﴿١١٨﴾

119 ਬੇਸ਼ੱਕ ਅਸੀਂ ਤੁਹਾਨੂੰ (ਹੇ ਮੁਹੰਮਦ) ਹੱਕ (ਕੁਰਆਨ) ਦੇ ਨਾਲ ਖ਼ੁਸ਼ਖ਼ਬਰੀਆਂ ਸੁਣਾਉਣ ਵਾਲਾ ਅਤੇ ਡਰਾਉਣ ਵਾਲਾ ਬਣਾ ਕੇ ਭੇਜਿਆ ਹੈ[2] ਨਰਕ ਵਿਚ ਜਾਣ ਵਾਲਿਆਂ ਦੇ ਸੰਬੰਧ ਵਿਚ ਤੁਹਾਥੋਂ ਕੋਈ ਪੁੱਛ-ਗਿੱਛ ਨਹੀਂ ਹੋਵੇਗੀ।

اِنَّآ اَرْسَلْنٰكَ بِالْحَقِّ بَشِيْرًا وَّنَذِيْرًا ۙ وَّلَا تُسْـَٔـلُ
عَنْ اَصْحٰبِ الْجَحِيْمِ ﴿١١٩﴾

---

[1] ਹਦੀਸੇ ਕੁਦਸੀ ਹੈ ਕਿ ਆਦਮ ਦੇ ਪੁੱਤਰ ਨੇ ਮੈਨੂੰ (ਅੱਲਾਹ ਨੂੰ) ਝੁਠਲਾਇਆ ਹਾਲਾਂ ਕਿ ਇਹ ਉਸ ਦਾ ਹੱਕ ਨਹੀਂ ਸੀ ਉਹ ਮੈਨੂੰ ਗਾਲਾਂ ਕੱਢਦਾ ਹੈ ਜਦ ਕਿ ਇਹ ਉਸ ਨੂੰ ਹੱਕ ਨਹੀਂ ਪਹੁੰਚਦਾ ਉਸ ਦਾ ਝੁਠਲਾਉਣਾ ਇਹ ਹੈ ਕਿ ਉਹ ਇਹ ਦਾਅਵਾ ਕਰਦਾ ਹੈ ਕਿ ਮੈਂ ਉਸ ਨੂੰ ਪਹਿਲਾਂ ਵਾਂਗ ਮੁੜ ਜਿਉਂਦਾ ਕਰਨ ਦੀ ਕੁਦਰਤ ਨਹੀਂ ਰੱਖਦਾ ਅਤੇ ਉਸ ਦੀਆਂ ਗਾਲਾਂ ਇਹ ਹਨ ਕਿ ਉਹ ਆਖਦਾ ਹੈ ਕਿ ਮੇਰੀ ਵੀ ਔਲਾਦ ਹੈ ਹਾਲਾਂ ਕਿ ਮੈਂ ਇਹਨਾਂ ਸਾਰੀਆਂ ਗੱਲਾਂ ਤੋਂ ਪਾਕ ਹਾਂ ਕਿ ਮੇਰੀ ਪਤਨੀ ਜਾਂ ਔਲਾਦ ਹੋਵੇ। (ਸਹੀ ਬੁਖ਼ਾਰੀ, ਹਦੀਸ 4482)

[2] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

120 ਯਹੂਦੀ ਤੇ ਈਸਾਈ ਤੁਹਾਥੋਂ ਕਦੇ ਵੀ ਰਾਜ਼ੀ ਨਹੀਂ ਹੋਣਗੇ ਜਦ ਤੀਕ ਕਿ ਤੁਸੀਂ ਉਹਨਾਂ ਦੇ ਧਰਮ ਦੇ ਪੈਰੋਕਾਰ ਨਹੀਂ ਬਣ ਜਾਂਦੇ। (ਹੇ ਨਬੀ!) ਆਖ ਦਿਓ ਕਿ ਬੇਸ਼ੱਕ ਅੱਲਾਹ ਦੀ ਹਿਦਾਇਤ ਹੀ ਅਸਲੀ ਹਿਦਾਇਤ ਹੈ। ਤੁਹਾਡੇ ਕੋਲ ਜਿਹੜਾ ਗਿਆਨ ਆਇਆ ਹੈ ਜੇ ਤੁਸੀਂ ਇਸ ਤੋਂ ਬਾਅਦ ਵੀ ਇਹਨਾਂ (ਯਹੂਦੀਆਂ) ਦੀਆਂ ਇੱਛਾਵਾਂ ਦੀ ਪੈਰਵੀ ਕੀਤੀ ਤਾਂ ਤੁਹਾਨੂੰ ਅੱਲਾਹ ਦੀ ਪਕੜ ਤੋਂ ਬਚਾਉਣ ਵਾਲਾ ਨਾ ਤੁਹਾਡਾ ਕੋਈ ਹਿਮਾਇਤੀ ਹੋਵੇਗਾ ਨਾ ਹੀ ਕੋਈ ਮਦਦਗਾਰ ਹੋਵੇਗਾ।

وَلَنْ تَرْضٰى عَنْكَ الْيَهُوْدُ وَلَا النَّصٰرٰى حَتّٰى تَتَّبِعَ
مِلَّتَهُمْ ۭ قُلْ اِنَّ ھُدَى اللّٰهِ ھُوَ الْهُدٰى ۭ وَلَىِٕنِ
اتَّبَعْتَ اَھْوَاۗءَھُمْ بَعْدَ الَّذِيْ جَاۗءَكَ مِنَ
الْعِلْمِ ۙ مَا لَكَ مِنَ اللّٰهِ مِنْ وَّلِيٍّ وَّلَا نَصِيْرٍ ﴿١٢٠﴾

121. ਜਿਨ੍ਹਾਂ ਲੋਕਾਂ ਨੂੰ ਅਸੀਂ ਕਿਤਾਬ (ਕੁਰਆਨ) ਦਿੱਤੀ ਹੈ ਉਹ ਇਸ ਨੂੰ ਇੰਜ ਪੜ੍ਹਦੇ ਹਨ ਜਿਵੇਂ ਇਸ ਨੂੰ ਪੜ੍ਹਨ ਦਾ ਹੱਕ ਹੈ ਉਹੀਓ ਲੋਕ ਇਸ 'ਤੇ ਈਮਾਨ ਲਿਆਉਂਦੇ ਹਨ ਅਤੇ ਜਿਹੜਾ ਇਸਦਾ ਇਨਕਾਰ ਕਰਦਾ ਹੈ ਉਹੀਓ (ਆਖ਼ਿਰਤ ਵਿਚ) ਘਾਟੇ ਵਿਚ ਰਹੇਗਾ।

اَلَّذِيْنَ اٰتَيْنٰھُمُ الْكِتٰبَ يَتْلُوْنَهٗ حَقَّ تِلَاوَتِهٖ ۭ
اُولٰۗىِٕكَ يُؤْمِنُوْنَ بِهٖ ۭ وَمَنْ يَّكْفُرْ بِهٖ فَاُولٰۗىِٕكَ
ھُمُ الْخٰسِرُوْنَ ﴿١٢١﴾

122. ਹੇ ਬਨੀ ਇਸਰਾਈਲ! ਤੁਸੀਂ ਜ਼ਰਾ ਮੇਰੀਆਂ ਉਹਨਾਂ ਨਿਆਮਤਾਂ ਨੂੰ ਤਾਂ ਯਾਦ ਕਰੋ ਜਿਹੜੀਆਂ ਮੈਂ ਤੁਹਾਨੂੰ ਬਖ਼ਸ਼ੀਆਂ ਸੀ ਅਤੇ ਮੈਂ ਤੁਹਾਨੂੰ ਕੁੱਲ ਜਹਾਨ (ਦੀਆਂ ਕੌਮਾਂ) ਉੱਤੇ ਵਡਿਆਈ (ਸਰਦਾਰੀ) ਬਖ਼ਸ਼ੀ ਸੀ।

يٰبَنِىْٓ اِسْرَاۗءِيْلَ اذْكُرُوْا نِعْمَتِيَ الَّتِىْٓ اَنْعَمْتُ
عَلَيْكُمْ وَاَنِّىْ فَضَّلْتُكُمْ عَلَي الْعٰلَمِيْنَ ﴿١٢٢﴾

123. ਅਤੇ ਉਸ ਦਿਨ ਤੋਂ ਡਰੋ ਜਦੋਂ ਕੋਈ ਵਿਅਕਤੀ ਕਿਸੇ ਦੂਜੇ ਦੇ ਕੰਮ ਨਹੀਂ ਆਵੇਗਾ ਅਤੇ ਨਾ ਹੀ ਕੋਈ ਚੀਜ਼ (ਸਜ਼ਾ ਦੇ) ਬਦਲੇ ਵਿਚ ਕਬੂਲ ਕੀਤੀ ਜਾਵੇਗੀ ਅਤੇ ਨਾ ਹੀ ਉਸ (ਅਪਰਾਧੀ) ਨੂੰ ਕੋਈ ਸਿਫ਼ਾਰਸ਼ ਹੀ ਲਾਭ ਦੇਵੇਗੀ ਅਤੇ ਨਾ ਹੀ ਉਸ ਦੀ ਕੋਈ ਮਦਦ ਹੀ ਕੀਤੀ ਜਾਵੇਗੀ।

وَاتَّقُوْا يَوْمًا لَّا تَجْزِيْ نَفْسٌ عَنْ نَّفْسٍ شَـيْــــًٔـا وَّلَا
يُقْبَلُ مِنْهَا عَدْلٌ وَّلَا تَنْفَعُهَا شَفَاعَةٌ
وَّلَا ھُمْ يُنْصَرُوْنَ ﴿١٢٣﴾

124 ਅਤੇ ਜਦੋਂ ਇਬਰਾਹੀਮ ਨੂੰ ਉਸ ਦੇ ਰੱਬ ਨੇ ਕੁੱਝ ਗੱਲਾਂ ਨਾਲ ਅਜ਼ਮਾਇਆ ਅਤੇ ਉਹ ਉਹਨਾਂ ਵਿਚ ਖਰਾ ਉੱਤਰਿਆ ਤਾਂ ਅੱਲਾਹ ਨੇ ਆਖਿਆ ਕਿ ਮੈਂ ਤੁਹਾਨੂੰ ਲੋਕਾਂ ਦਾ ਇਮਾਮ (ਆਗੂ) ਬਣਾਉਣ ਵਾਲਾ ਹਾਂ। ਉਹਨਾਂ (ਇਬਰਾਹੀਮ ਨੇ) ਕਿਹਾ, ਕੀ ਮੇਰੀ ਔਲਾਦ ਵਿੱਚੋਂ ਵੀ ਕੋਈ (ਇਮਾਮ) ਹੋਵੇਗਾ? ਅੱਲਾਹ ਨੇ ਕਿਹਾ ਕਿ ਮੇਰਾ ਵਾਅਦਾ ਜ਼ਾਲਮਾਂ ਨਾਲ ਨਹੀਂ

وَإِذِ ابْتَلَىٰ إِبْرَاهِيمَ رَبُّهُ بِكَلِمَاتٍ فَأَتَمَّهُنَّ ۖ قَالَ إِنِّي جَاعِلُكَ لِلنَّاسِ إِمَامًا ۖ قَالَ وَمِن ذُرِّيَّتِي ۖ قَالَ لَا يَنَالُ عَهْدِي الظَّالِمِينَ ﴿١٢٤﴾

125 ਅਤੇ ਜਦੋਂ ਅਸੀਂ ਅੱਲਾਹ ਦੇ ਘਰ (ਖ਼ਾਨਾ ਕਾਅਬਾ) ਨੂੰ ਲੋਕਾਂ ਲਈ ਮੁੜ ਮੁੜ ਆਉਣ ਵਾਲੀ ਥਾਂ ਅਤੇ ਅਮਨ ਦਾ ਕੇਂਦਰ ਬਣਾਇਆ ਅਤੇ (ਹੁਕਮ ਦਿੱਤਾ ਕਿ) ਤੁਸੀਂ ਮਕਾਮੇ ਇਬਰਾਹੀਮ ਨੂੰ ਨਮਾਜ਼ ਪੜ੍ਹਨ ਵਾਲੀ ਥਾਂ ਬਣਾਓ ਅਤੇ ਅਸਾਂ ਇਬਰਾਹੀਮ ਤੇ ਇਸਮਾਈਲ ਨੂੰ ਹੁਕਮ ਦਿੱਤਾ ਕਿ ਤੁਸੀਂ ਦੋਵੇਂ ਮੇਰੇ ਘਰ ਨੂੰ ਤਵਾਫ਼ (ਪਰਕਰਮਾ) ਐਤਕਾਫ਼ (ਠਹਿਰਣ ਲਈ), ਰੁਕੂਅ ਅਤੇ ਸਿਜਦਾ (ਨਮਾਜ਼ ਅਦਾ) ਕਰਨ ਵਾਲਿਆਂ ਲਈ ਪਾਕ ਸਾਫ਼ ਰੱਖ।

وَإِذْ جَعَلْنَا الْبَيْتَ مَثَابَةً لِّلنَّاسِ وَأَمْنًا وَاتَّخِذُوا مِن مَّقَامِ إِبْرَاهِيمَ مُصَلًّى ۖ وَعَهِدْنَا إِلَىٰ إِبْرَاهِيمَ وَإِسْمَاعِيلَ أَن طَهِّرَا بَيْتِيَ لِلطَّائِفِينَ وَالْعَاكِفِينَ وَالرُّكَّعِ السُّجُودِ ﴿١٢٥﴾

126. ਜਦੋਂ ਇਬਰਾਹੀਮ ਨੇ ਕਿਹਾ ਕਿ ਹੇ ਮੇਰੇ ਰੱਬਾ! ਇਸ (ਮੱਕੇ) ਨੂੰ ਅਮਨ ਦਾ ਸ਼ਹਿਰ ਬਣਾ ਦੇ ਅਤੇ ਇਸਦੇ ਵਾਸੀਆਂ ਵਿੱਚੋਂ ਜਿਹੜੇ ਅੱਲਾਹ ਅਤੇ ਆਖ਼ਿਰਤ 'ਤੇ ਈਮਾਨ ਲਿਆਉਣ ਉਹਨਾਂ ਨੂੰ ਫਲਾਂ ਦਾ ਰਿਜ਼ਕ (ਰੋਜ਼ੀਆਂ) ਪ੍ਰਦਾਨ ਕਰ। ਅੱਲਾਹ ਨੇ ਕਿਹਾ ਕਿ ਜਿਹੜਾ ਇਨਕਾਰ ਕਰੇਗਾ ਉਸ ਨੂੰ ਮੈਂ ਸੰਸਾਰ ਵਿਚ ਹੀ ਥੋੜ੍ਹਾ ਜਿਹਾ ਲਾਭ ਦਿਆਂਗਾ ਫਿਰ ਮੈਂ ਉਸ ਨੂੰ ਅੱਗ ਦਾ ਅਜ਼ਾਬ ਲੈਣ ਲਈ ਮਜਬੂਰ ਕਰ ਦਿਆਂਗਾ ਅਤੇ ਉਹ ਬਹੁਤ ਹੀ ਭੈੜੀ ਥਾਂ ਹੈ।

وَإِذْ قَالَ إِبْرَاهِيمُ رَبِّ اجْعَلْ هَٰذَا بَلَدًا آمِنًا وَارْزُقْ أَهْلَهُ مِنَ الثَّمَرَاتِ مَنْ آمَنَ مِنْهُم بِاللَّهِ وَالْيَوْمِ الْآخِرِ ۖ قَالَ وَمَن كَفَرَ فَأُمَتِّعُهُ قَلِيلًا ثُمَّ أَضْطَرُّهُ إِلَىٰ عَذَابِ النَّارِ ۖ وَبِئْسَ الْمَصِيرُ ﴿١٢٦﴾

127. ਅਤੇ (ਯਾਦ ਕਰੋ) ਜਦੋਂ ਇਬਰਾਹੀਮ ਅਤੇ ਇਸਮਾਈਲ ਅੱਲਾਹ ਦੇ ਘਰ (ਖ਼ਾਨਾ-ਕਾਅਬਾ) ਦੀਆਂ ਕੰਧਾਂ ਉੱਚੀਆਂ ਕਰ ਰਹੇ ਸਨ (ਅਤੇ ਦੁਆ ਕਰ ਰਹੇ ਸਨ ਕਿ) ਹੇ ਸਾਡੇ ਰੱਬ ਤੂੰ ਸਾਥੋਂ (ਇਹ ਨੇਕੀ) ਕਬੂਲ ਫ਼ਰਮਾ ਬੇਸ਼ੱਕ ਤੂੰ ਹੀ ਸਭ ਕੁੱਝ ਸੁਣਨ ਵਾਲਾ ਤੇ ਜਾਣਨ ਵਾਲਾ ਹੈਂ।

وَإِذْ يَرْفَعُ إِبْرَٰهِـۧمُ ٱلْقَوَاعِدَ مِنَ ٱلْبَيْتِ وَإِسْمَـٰعِيلُ رَبَّنَا تَقَبَّلْ مِنَّآ ۖ إِنَّكَ أَنتَ ٱلسَّمِيعُ ٱلْعَلِيمُ ﴿١٢٧﴾

128. (ਇਹ ਵੀ ਦੁਆ ਕੀਤੀ ਕਿ) ਹੇ ਸਾਡੇ ਰੱਬ ਸਾਨੂੰ ਦੋਹਾਂ ਨੂੰ ਆਪਣਾ ਆਗਿਆਕਾਰੀ ਬਣਾ ਅਤੇ ਸਾਡੀ ਔਲਾਦ ਵਿੱਚੋਂ ਵੀ ਇਕ ਜਮਾਅਤ ਨੂੰ ਆਪਣਾ ਆਗਿਆਕਾਰੀ ਬਣਾ ਅਤੇ ਸਾਨੂੰ ਇਬਾਦਤ ਕਰਨ ਦੇ ਢੰਗ ਵੀ ਸਿਖਾ ਅਤੇ ਸਾਡੇ ਵੱਲ ਧਿਆਨ ਦੇ, ਬੇਸ਼ੱਕ ਤੂੰ ਹੀ ਤੌਬਾ ਨੂੰ ਕਬੂਲ ਕਰਨ ਵਾਲਾ ਅਤੇ ਅਤਿਅੰਤ ਰਹਿਮ ਫ਼ਰਮਾਉਣ ਵਾਲਾ ਹੈਂ।

رَبَّنَا وَٱجْعَلْنَا مُسْلِمَيْنِ لَكَ وَمِن ذُرِّيَّتِنَآ أُمَّةً مُّسْلِمَةً لَّكَ وَأَرِنَا مَنَاسِكَنَا وَتُبْ عَلَيْنَآ ۖ إِنَّكَ أَنتَ ٱلتَّوَّابُ ٱلرَّحِيمُ ﴿١٢٨﴾

129. ਹੇ ਸਾਡੇ ਮਾਲਿਕ! ਇਹਨਾਂ ਲੋਕਾਂ ਵਿੱਚੋਂ ਹੀ ਇਹਨਾਂ ਲਈ ਵੀ ਇਕ ਰਸੂਲ ਭੇਜ ਜਿਹੜਾ ਇਹਨਾਂ ਦੇ ਸਾਹਮਣੇ ਤੇਰੀਆਂ ਆਇਤਾਂ (ਆਦੇਸ਼) ਨੂੰ ਪੜ੍ਹੇ ਅਤੇ ਇਹਨਾਂ ਨੂੰ ਕਿਤਾਬ ਅਤੇ ਹਿਕਮਤ (ਸਮਝ ਬੂਝ) ਦੀ ਸਿੱਖਿਆ ਦੇਵੇ ਅਤੇ ਇਨ੍ਹਾਂ ਨੂੰ (ਬੁਰਾਈਆਂ ਤੋਂ) ਪਾਕ ਕਰ। ਬੇਸ਼ੱਕ ਤੂੰ ਹੀ ਵੱਡਾ ਜ਼ੋਰਾਵਾਰ ਅਤੇ ਹਿਕਮਤ ਵਾਲਾ ਹੈਂ।

رَبَّنَا وَٱبْعَثْ فِيهِمْ رَسُولًا مِّنْهُمْ يَتْلُوا۟ عَلَيْهِمْ ءَايَـٰتِكَ وَيُعَلِّمُهُمُ ٱلْكِتَـٰبَ وَٱلْحِكْمَةَ وَيُزَكِّيهِمْ ۚ إِنَّكَ أَنتَ ٱلْعَزِيزُ ٱلْحَكِيمُ ﴿١٢٩﴾

130 ਹੁਣ ਕੌਣ ਹੈ ਜਿਹੜਾ ਇਬਰਾਹੀਮ ਦੇ ਤਰੀਕੇ ਨਾਲ ਨਫ਼ਰਤ ਕਰੇ? ਛੁੱਟ ਉਸ ਤੋਂ ਜਿਸ ਨੇ ਆਪਣੇ ਆਪ ਨੂੰ ਮੂਰਖਤਾ ਵਿਚ ਫਸਾ ਲਿਆ ਹੋਵੇ। ਬੇਸ਼ੱਕ ਅਸੀਂ ਇਬਰਾਹੀਮ ਨੂੰ ਸੰਸਾਰ ਵਿਚ (ਇਮਾਮ ਬਣਾਉਣ ਲਈ) ਚੁਣ ਲਿਆ ਹੈ ਅਤੇ ਪਰਲੋਕ ਵਿਚ ਉਹ ਨੇਕ ਲੋਕਾਂ ਵਿਚ ਗਿਣਿਆ ਜਾਵੇਗਾ।

وَمَن يَرْغَبُ عَن مِّلَّةِ إِبْرَٰهِـۧمَ إِلَّا مَن سَفِهَ نَفْسَهُۥ ۚ وَلَقَدِ ٱصْطَفَيْنَـٰهُ فِى ٱلدُّنْيَا ۖ وَإِنَّهُۥ فِى ٱلْـَٔاخِرَةِ لَمِنَ ٱلصَّـٰلِحِينَ ﴿١٣٠﴾

131. ਅਤੇ ਜਦੋਂ ਇਬਰਾਹੀਮ ਨੂੰ ਉਸ ਦੇ ਰੱਬ ਨੇ ਆਖਿਆ ਕਿ ਆਗਿਆਕਾਰੀ ਬਣ ਜਾ ਤਾਂ ਉਸ ਨੇ ਕਿਹਾ ਕਿ ਮੈਂ ਸਾਰੇ ਜਹਾਨਾਂ ਦੇ ਮਾਲਿਕ ਦਾ ਆਗਿਆਕਾਰੀ ਬਣ ਗਿਆ।

إِذْ قَالَ لَهُ رَبُّهُ أَسْلِمْ قَالَ أَسْلَمْتُ لِرَبِّ الْعَالَمِينَ (131)

132 ਇਬਰਾਹੀਮ ਅਤੇ ਯਾਕੂਬ ਨੇ ਆਪਣੇ ਪੁੱਤਰਾਂ ਨੂੰ ਇਸ (ਸੱਚੀ ਗੱਲ) ਦੀ ਵਸੀਅਤ ਕਰਦੇ ਹੋਏ ਕਿਹਾ ਕਿ ਹੇ ਮੇਰੇ ਪੁੱਤਰੋ ਬੇਸ਼ੱਕ ਅੱਲਾਹ ਨੇ ਤੁਹਾਡੇ ਲਈ ਇਹੋ ਦੀਨ (ਇਸਲਾਮ) ਨੂੰ ਪਸੰਦ ਕੀਤਾ ਹੈ ਸੋ ਮਰਦੇ ਦਮ ਤਕ ਤੁਸੀਂ ਮੁਸਲਮਾਨ ਹੀ ਰਹਿਣਾ।

وَوَصَّىٰ بِهَا إِبْرَاهِيمُ بَنِيهِ وَيَعْقُوبُ يَا بَنِيَّ إِنَّ اللَّهَ اصْطَفَىٰ لَكُمُ الدِّينَ فَلَا تَمُوتُنَّ إِلَّا وَأَنتُم مُّسْلِمُونَ (132)

133 ਜਦੋਂ ਯਾਕੂਬ ਦੀ ਮੌਤ ਆਈ ਸੀ ਕੀ ਉਸ ਸਮੇਂ ਤੁਸੀਂ ਹਾਜ਼ਰ ਸੀ ਜਦੋਂ ਉਸ ਨੇ ਆਪਣੇ ਪੁੱਤਰਾਂ ਨੂੰ ਪੁੱਛਿਆ ਸੀ ਕਿ ਮੇਰੇ ਮਗਰੋਂ ਤੁਸੀਂ ਕਿਸ ਦੀ ਇਬਾਦਤ ਕਰੋਗੇ? ਉਹਨਾਂ ਨੇ ਕਿਹਾ ਕਿ ਅਸੀਂ ਤੇਰੇ ਇਸ਼ਟ ਅਤੇ ਤੇਰੇ ਬਾਪ ਦਾਦਾ ਇਬਰਾਹੀਮ, ਇਸਮਾਈਲ ਅਤੇ ਇਸਹਾਕ ਦੇ ਇਸ਼ਟ ਦੀ ਇਬਾਦਤ ਕਰਾਂਗੇ ਜਿਹੜਾ ਇਕ ਹੀ ਇਸ਼ਟ (ਅੱਲਾਹ) ਹੈ ਅਸੀਂ ਸਾਰੇ ਉਸੇ ਦੇ ਆਗਿਆਕਾਰੀ ਹਾਂ।

أَمْ كُنتُمْ شُهَدَاءَ إِذْ حَضَرَ يَعْقُوبَ الْمَوْتُ إِذْ قَالَ لِبَنِيهِ مَا تَعْبُدُونَ مِن بَعْدِي قَالُوا نَعْبُدُ إِلَٰهَكَ وَإِلَٰهَ آبَائِكَ إِبْرَاهِيمَ وَإِسْمَاعِيلَ وَإِسْحَاقَ إِلَٰهًا وَاحِدًا وَنَحْنُ لَهُ مُسْلِمُونَ (133)

134. ਇਹ ਇਕ ਟੋਲੀ ਸੀ ਜਿਹੜੀ ਬੀਤ ਚੁੱਕੀ। ਹਰੇਕ ਲਈ ਉਹੀਓ (ਬਦਲਾ) ਹੈ ਜਿਹੜਾ ਉਸ ਨੇ ਕਮਾਇਆ ਹੈ ਅਤੇ ਤੁਹਾਡੇ ਲਈ ਉਹ ਹੈ ਜਿਹੜਾ ਤੁਸੀਂ ਕਮਾਓਗੇ ਉਹਨਾਂ (ਬੀਤ ਚੁੱਕੇ ਲੋਕਾਂ) ਦੇ ਕੰਮਾਂ ਬਾਰੇ ਤੁਹਾਥੋਂ ਪੁੱਛਿਆ ਨਹੀਂ ਜਾਵੇਗਾ।

تِلْكَ أُمَّةٌ قَدْ خَلَتْ لَهَا مَا كَسَبَتْ وَلَكُم مَّا كَسَبْتُمْ وَلَا تُسْأَلُونَ عَمَّا كَانُوا يَعْمَلُونَ (134)

135 (ਹੇ ਨਬੀ) ਉਹ (ਅਹਲੇ ਕਿਤਾਬ) ਆਖਦੇ ਹਨ ਕਿ ਤੁਸੀਂ ਯਹੂਦੀ ਜਾਂ ਈਸਾਈ ਬਣ ਜਾਓ ਤਾਂ ਹਿਦਾਇਤ ਮਿਲੇਗੀ। ਤੁਸੀਂ ਆਖ ਦਿਓ ਕਿ ਅਸੀਂ

وَقَالُوا كُونُوا هُودًا أَوْ نَصَارَىٰ تَهْتَدُوا قُلْ بَلْ مِلَّةَ إِبْرَاهِيمَ حَنِيفًا وَمَا كَانَ مِنَ الْمُشْرِكِينَ (135)

ਤਾਂ ਇਬਰਾਹੀਮ ਦੇ ਧਰਮ ਦੀ ਪੈਰਵੀ ਕਰਦੇ ਹਾਂ ਜਿਹੜਾ ਹੱਕ ਸੱਚ ਅੱਗੇ ਝੁਕਣ ਵਾਲਾ ਸੀ ਅਤੇ ਉਹ ਮੁਸ਼ਰਿਕਾਂ[1] ਵਿੱਚੋਂ ਵੀ ਨਹੀਂ ਸੀ।

136 (ਹੇ ਮੁਸਲਮਾਨੋ!) ਤੁਸੀਂ ਆਖੋ ਕਿ ਅਸੀਂ ਅੱਲਾਹ 'ਤੇ ਈਮਾਨ ਲਿਆਏ ਹਾਂ ਅਤੇ ਉਸ 'ਤੇ ਵੀ ਜੋ ਸਾਡੇ ਵੱਲ (ਕੁਰਆਨ) ਉਤਾਰਿਆ ਗਿਆ ਹੈ। ਅਤੇ ਜਿਹੜਾ ਵੀ ਇਬਰਾਹੀਮ, ਇਸਮਾਈਲ, ਇਸਹਾਕ, ਯਾਕੂਬ ਅਤੇ ਉਹਨਾਂ ਦੀ ਔਲਾਦ ਲਈ (ਰੱਬੀ ਫ਼ਰਮਾਨ) ਉਤਾਰਿਆ ਗਿਆ ਹੈ ਅਤੇ ਜੋ ਮੂਸਾ, ਅਤੇ ਈਸਾ ਨੂੰ (ਕਿਤਾਬਾਂ) ਦਿੱਤੀਆਂ ਗਈਆਂ ਹਨ ਅਤੇ ਜੋ ਦੂਜੇ ਸਾਰੇ ਨਬੀਆਂ ਨੂੰ ਉਹਨਾਂ ਦੇ ਰੱਬ ਵੱਲੋਂ (ਆਦੇਸ਼) ਦਿੱਤੇ ਗਏ ਸਨ (ਸਾਡਾ ਉਹਨਾਂ ਸਭ 'ਤੇ ਈਮਾਨ ਹੈ) ਅਸੀਂ ਉਹਨਾਂ (ਨਬੀਆਂ) ਵਿਚਕਾਰ ਕੋਈ ਭੇਦ ਭਾਵ ਨਹੀਂ ਕਰਦੇ ਅਤੇ ਅਸੀਂ ਸਾਰੇ ਉਸ (ਅੱਲਾਹ) ਦੇ ਆਗਿਆਕਾਰੀ ਹਾਂ।

قُولُوٓا ءَامَنَّا بِٱللَّهِ وَمَآ أُنزِلَ إِلَيْنَا وَمَآ أُنزِلَ إِلَىٰٓ
إِبْرَٰهِـۧمَ وَإِسْمَـٰعِيلَ وَإِسْحَـٰقَ وَيَعْقُوبَ وَٱلْأَسْبَاطِ
وَمَآ أُوتِىَ مُوسَىٰ وَعِيسَىٰ وَمَآ أُوتِىَ ٱلنَّبِيُّونَ
مِن رَّبِّهِمْ لَا نُفَرِّقُ بَيْنَ أَحَدٍ مِّنْهُمْ
وَنَحْنُ لَهُۥ مُسْلِمُونَ ﴿١٣٦﴾

137 ਜੇ ਉਹ (ਅਹਲੇ ਕਿਤਾਬ) ਵੀ ਉਹਨਾਂ ਸਾਰੀਆਂ ਚੀਜ਼ਾਂ 'ਤੇ ਈਮਾਨ ਲਿਆਉਣ ਜਿਨ੍ਹਾਂ 'ਤੇ ਤੁਸੀਂ ਈਮਾਨ ਲਿਆਏ ਹੋ ਤਾਂ ਉਹ ਵੀ ਹਿਦਾਇਤ ਵਾਲੇ ਬਣ ਜਾਣਗੇ। ਜੇ ਉਹ ਈਮਾਨ ਲਿਆਉਣ ਤੋਂ ਮੂੰਹ ਮੋੜਨ ਤਾਂ ਉਹ ਤੁਹਾਡੇ ਵਿਰੋਧੀ ਹਨ ਸੋ ਉਹਨਾਂ ਦੇ ਮੁਕਾਬਲੇ ਲਈ ਅੱਲਾਹ ਹੀ ਬਥੇਰਾ ਹੈ ਅਤੇ ਉਹ

فَإِنْ ءَامَنُوا بِمِثْلِ مَآ ءَامَنتُم بِهِۦ فَقَدِ ٱهْتَدَوا ۖ
وَّإِن تَوَلَّوْا فَإِنَّمَا هُمْ فِى شِقَاقٍ ۖ فَسَيَكْفِيكَهُمُ
ٱللَّهُ ۚ وَهُوَ ٱلسَّمِيعُ ٱلْعَلِيمُ ﴿١٣٧﴾

[1] ਹਜ਼ਰਤ ਮੁਹੰਮਦ(ਸ:) ਦੇ ਨਬੀ ਹੋਣ ਤੋਂ ਪਹਿਲਾਂ ਬਹੁਤੇ ਲੋਕ ਸ਼ਿਰਕ ਵਿਚ ਫਸੇ ਹੋਏ ਸਨ, ਬਹੁਤ ਹੀ ਥੋੜ੍ਹੇ ਲੋਕ ਤੌਹੀਦ (ਰੱਬ ਇਕ ਹੋਣ) ਤੋਂ ਜਾਣੂ ਸਨ, ਹਜ਼ਰਤ ਅਬਦੁੱਲਾ ਬਿਨ ਉਮਰ ਦਾ ਫ਼ਰਮਾਨ ਹੈ ਕਿ ਵਹੀ ਦੇ ਆਉਣ ਤੋਂ ਪਹਿਲਾਂ ਦਾ ਸਮਾਂ ਸੀ ਕਿ ਬਲਦਾਹ ਬਸਤੀ ਵਿਚ ਨਬੀ (ਸ:) ਦਾ ਸਾਹਮਣਾ ਜ਼ੈਦ ਬਿਨ ਉਮਰ ਬਿਨ ਨਫ਼ੀਲ ਨਾਲ ਹੋਇਆ ਉੱਥੇ ਆਪ (ਸ:) ਨੂੰ ਭੋਜਨ ਪਰੋਸਿਆ ਗਿਆ ਤਾਂ ਆਪ (ਸ:) ਨੇ ਉਸ ਦਾ ਸਾਥ ਦੇਣ ਤੋਂ ਇਨਕਾਰ ਕਰ ਦਿੱਤਾ, ਫਿਰ ਜ਼ੈਦ ਨੇ ਕਿਹਾ ਕਿ ਮੈਂ ਅਜਿਹੀ ਕੋਈ ਵੀ ਚੀਜ਼ ਨਹੀਂ ਖਾਂਦਾ ਜੋ ਤੁਸੀਂ ਆਪਣੇ ਬੁੱਤਾਂ ਆਦਿ ਦੇ ਥਾਨ 'ਤੇ ਜ਼ਿਬਹ ਕਰਦੇ ਹੋ। ਜ਼ੈਦ ਬਿਨ ਉਮਰ ਕੁਰੈਸ਼ ਨੂੰ ਕਿਹਾ ਕਰਦੇ ਸੀ ਕਿ ਅੱਲਾਹ ਹੀ ਤਾਂ ਹੈ ਜਿਸ ਨੇ ਜਾਨਵਰਾਂ ਨੂੰ ਪੈਦਾ ਕੀਤਾ ਅਕਾਸ਼ ਤੋਂ ਪਾਣੀ ਉਤਾਰਿਆ ਅਤੇ ਧਰਤੀ ਵਿੱਚੋਂ ਚਾਰਾ ਉਗਾਇਆ ਫਿਰ ਤੁਸੀਂ ਅੱਲਾਹ ਤੋਂ ਛੁੱਟ ਕਿਸੇ ਹੋਰ ਦੇ ਨਾਂ 'ਤੇ ਜਾਨਵਰ ਕਿਉਂ ਜ਼ਿਬਹ ਕਰਦੇ ਹੋ। (ਸਹੀ ਬੁਖ਼ਾਰੀ, ਹਦੀਸ: 3826)

4

ਭਲੀ-ਭਾਂਤ ਸੁਣਨ ਤੇ ਜਾਣਨ ਵਾਲਾ ਹੈ।

138. (ਹੇ ਨਬੀ ਇਹਨਾਂ ਨੂੰ ਆਖੋ) ਕਿ ਅੱਲਾਹ ਦੇ ਰੰਗ ਵਿਚ ਰੰਗ ਜਾਓ ਉਸ ਦੇ ਰੰਗ ਤੋਂ ਸੋਹਣਾ ਕਿਸ ਦਾ ਰੰਗ ਹੈ? ਅਤੇ ਅਸੀਂ ਸਾਰੇ ਉਸੇ ਦੀ ਇਬਾਦਤ ਕਰਦੇ ਹਾਂ।

صِبْغَةَ اللَّهِ ۖ وَمَنْ أَحْسَنُ مِنَ اللَّهِ صِبْغَةً ۖ وَنَحْنُ لَهُ عَابِدُونَ ﴿١٣٨﴾

139. (ਹੇ ਨਬੀ! ਤੁਸੀਂ) ਆਖੋ, ਕੀ ਤੁਸੀਂ ਸਾਡੇ ਨਾਲ ਅੱਲਾਹ ਬਾਰੇ ਝਗੜਦੇ ਹੋ? ਜਦੋਂ ਕਿ ਉਹ ਸਾਡਾ ਵੀ ਰੱਬ ਹੈ ਅਤੇ ਤੁਹਾਡਾ ਵੀ ਉਹੀਓ ਰੱਬ ਹੈ ਅਤੇ ਸਾਡੇ ਲਈ ਸਾਡੇ ਕਰਮ ਹਨ ਅਤੇ ਤੁਹਾਡੇ ਲਈ ਤੁਹਾਡੇ ਕਰਮ ਹਨ ਅਤੇ ਅਸੀਂ ਸਾਰੇ (ਕਰਮ) ਖ਼ਾਲਸ ਉਸੇ (ਅੱਲਾਹ ਦੀ ਰਜ਼ਾ) ਲਈ ਕਰਦੇ ਹਾਂ।[1]

قُلْ أَتُحَاجُّونَنَا فِي اللَّهِ وَهُوَ رَبُّنَا وَرَبُّكُمْ وَلَنَا أَعْمَالُنَا وَلَكُمْ أَعْمَالُكُمْ وَنَحْنُ لَهُ مُخْلِصُونَ ﴿١٣٩﴾

---

[1] ਇਸ ਵਿਚ ਦੱਸਿਆ ਗਿਆ ਹੈ ਕਿ ਜਿਹੜਾ ਵੀ ਕੰਮ ਕੇਵਲ ਅੱਲਾਹ ਦੀ ਰਜ਼ਾ ਲਈ ਕੀਤਾ ਜਾਂਦਾ ਹੈ ਉਹੀਓ ਅਮਲ ਮੁਕਤੀ ਦਾ ਕਾਰਨ ਬਣਦਾ ਹੈ ਅਤੇ ਇਸ ਵਿਚ ਇਖ਼ਲਾਸ ਦੀ ਮਹੱਤਤਾ ਵੀ ਦੱਸੀ ਗਈ ਹੈ। ਅੱਲਾਹ ਦੇ ਰਸੂਲ (ਸ:) ਰਾਤ ਨੂੰ ਇੰਨੀ ਲੰਮੀ ਨਮਾਜ਼ ਪੜ੍ਹਿਆ ਕਰਦੇ ਸੀ ਕਿ ਪੈਰਾਂ 'ਤੇ ਸੋਜਾ ਆ ਜਾਂਦਾ। ਜਦੋਂ ਆਪ ਜੀ ਨੂੰ ਕਿਹਾ ਜਾਂਦਾ ਕਿ ਤੁਸੀਂ ਇੰਨਾ ਕਸ਼ਟ ਕਿਉਂ ਉਠਾਉਂਦੇ ਹੋ ਤਾਂ ਆਖਦੇ "ਕੀ ਮੈਂ ਅੱਲਾਹ ਦਾ ਧੰਨਵਾਦੀ ਨਾ ਬਣਾਂ।" (ਸਹੀ ਬੁਖ਼ਾਰੀ, ਹਦੀਸ: 6471)

◆ ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ ਕਿ ਭਲੇ ਕੰਮ ਸਹੀ ਤਰੀਕੇ ਨਾਲ, ਇਖ਼ਲਾਸ ਨਾਲ ਕਰਦੇ ਰਹੋ ਅਤੇ ਹੱਦੋਂ ਨਾ ਵਧੋ ਸਗੋਂ ਵਿਚਕਾਰ ਵਾਲੀ ਰਾਹ ਅਪਣਾਓ ਅਤੇ ਖ਼ੁਸ਼ ਰਹੋ (ਅੱਲਾਹ ਦੀ ਰਹਿਮਤ ਤੋਂ ਬੇ-ਆਸ ਨਾ ਹੋਵੋ) ਕਿਉਂ ਜੋ ਕੇਵਲ ਨੇਕ ਕੰਮ ਹੀ ਕਿਸੇ ਨੂੰ ਜੰਨਤ ਵਿਚ ਨਹੀਂ ਲੈ ਕੇ ਜਾਣਗੇ। ਆਪ ਜੀ (ਸ:) ਤੋਂ ਪੁੱਛਿਆ ਗਿਆ ਕਿ ਕੀ ਤੁਸੀਂ ਵੀ ਅਮਲਾਂ ਦੇ ਸਦਕੇ ਜੰਨਤ ਵਿਚ ਨਹੀਂ ਜਾਓਗੇ? ਆਪ ਨੇ ਫ਼ਰਮਾਇਆ ਹਾਂ ਮੈਂ ਵੀ ਪਰ ਇਹ ਗੱਲ ਵੀ ਹੈ ਕਿ ਅੱਲਾਹ ਮੈਨੂੰ ਆਪਣੀ ਬਖ਼ਸ਼ਿਸ਼ ਅਤੇ ਮਿਹਰਾਂ ਦੀ ਚਾਦਰ-ਛਾਇਆ ਹੇਠ ਵੀ ਲੈ ਲਵੇ। (ਸਹੀ ਬੁਖ਼ਾਰੀ, ਹਦੀਸ: 6467)

◆ ਹਦੀਸ ਵਿਚ ਹੈ ਕਿ ਨਬੀ (ਸ:) ਨੇ ਫ਼ਰਮਾਇਆ ਕਿ ਜੇ ਮੇਰੇ ਕੋਲ ਉਹਦ ਦੇ ਪਹਾੜ ਜਿੰਨਾ ਸੋਨਾ ਹੁੰਦਾ ਫਿਰ ਵੀ ਮੈਂ ਇਸ ਗੱਲ 'ਤੇ ਖ਼ੁਸ਼ ਹੋਵਾਂਗਾ ਕਿ ਲਗਾਤਾਰ ਤਿੰਨ ਰਾਤਾਂ ਬੀਤਣ ਤੋਂ ਪਹਿਲਾਂ ਇਕ ਕਣ ਵੀ ਮੇਰੇ ਕੋਲ ਨਾ ਰਹੇ। ਹਾਂ! ਜੋ ਕਿਸੇ ਦਾ ਕਰਜ਼ ਅਦਾ ਕਰਨ ਲਈ ਰੱਖ ਲਵਾਂ ਤਾਂ ਵੱਖਰੀ ਗੱਲ ਹੈ। (ਸਹੀ ਬੁਖ਼ਾਰੀ, ਹਦੀਸ: 6445)

◆ ਅੱਲਾਹ ਦੇ ਰਸੂਲ ਨੇ ਫ਼ਰਮਾਇਆ ਇਕ ਪਿਆਸਾ ਕੁੱਤਾ ਖੂਹ ਦੇ ਆਲੇ-ਦੁਆਲੇ ਚੱਕਰ ਲਗਾ ਰਿਹਾ ਸੀ ਪਿਆਸ ਕਾਰਨ ਉਸ ਦਾ ਦਮ ਨਿਕਲਣ ਵਾਲਾ ਹੀ ਸੀ ਕਿ ਬਨੀ ਇਸਰਾਈਲ ਦੀ ਇਕ ਬਦਕਾਰ ਔਰਤ ਦੀ

أَمْ تَقُولُونَ إِنَّ إِبْرَٰهِـۧمَ وَإِسْمَـٰعِيلَ وَإِسْحَـٰقَ وَيَعْقُوبَ وَٱلْأَسْبَاطَ كَانُوا۟ هُودًا أَوْ نَصَـٰرَىٰ ۗ قُلْ ءَأَنتُمْ أَعْلَمُ أَمِ ٱللَّهُ ۗ وَمَنْ أَظْلَمُ مِمَّن كَتَمَ شَهَـٰدَةً عِندَهُۥ مِنَ ٱللَّهِ ۗ وَمَا ٱللَّهُ بِغَـٰفِلٍ عَمَّا تَعْمَلُونَ ﴿١٤٠﴾

140. ਕੀ ਤੁਸੀਂ (ਅਹਲੇ ਕਿਤਾਬ) ਇਹ ਕਹਿੰਦੇ ਹੋ ਕਿ ਇਬਰਾਹੀਮ, ਇਸਮਾਈਲ, ਇਸਹਾਕ, ਯਾਕੂਬ ਅਤੇ ਉਹਨਾਂ ਦੀ ਸੰਤਾਨ ਯਹੂਦੀ ਜਾਂ ਈਸਾਈ ਸਨ? (ਹੇ ਨਬੀ ਤੁਸੀਂ) ਇਹਨਾਂ ਨੂੰ ਪੁੱਛੋ, ਕੀ ਤੁਸੀਂ ਵੱਧ ਜਾਣਦੇ ਹੋ ਜਾਂ ਅੱਲਾਹ? ਅਤੇ ਇਸ ਤੋਂ ਵੱਡਾ ਜ਼ਾਲਿਮ ਕੌਣ ਹੋਵੇਗਾ ਜਿਹੜਾ ਉਸ ਗਵਾਹੀ ਨੂੰ ਲੁਕਾਵੇ ਜਿਹੜੀ ਉਹਨਾਂ ਕੋਲ ਅੱਲਾਹ ਵੱਲੋਂ (ਤੌਰੇਤ ਤੇ ਇੰਜੀਲ ਵਿਚ) ਆਈ ਹੋਈ ਹੈ? ਅਤੇ ਅੱਲਾਹ ਤੁਹਾਡੇ ਵੱਲੋਂ ਕੀਤੀਆਂ ਗਈਆਂ ਕਰਤੂਤਾਂ ਤੋਂ ਬੇਖ਼ਬਰ ਨਹੀਂ।

تِلْكَ أُمَّةٌ قَدْ خَلَتْ ۖ لَهَا مَا كَسَبَتْ وَلَكُم مَّا كَسَبْتُمْ ۖ وَلَا تُسْـَٔلُونَ عَمَّا كَانُوا۟ يَعْمَلُونَ ﴿١٤١﴾

141 (ਇਹ) ਇਕ ਜਮਾਅਤ ਸੀ ਜਿਹੜੀ ਬੀਤ ਚੁੱਕੀ ਹੈ ਜੋ ਉਹਨਾਂ ਨੇ ਕਮਾਇਆ ਉਹਨਾਂ ਲਈ ਸੀ ਅਤੇ ਤੁਹਾਡੇ ਲਈ ਉਹੀ ਹੈ ਜੋ ਤੁਸੀਂ ਕਮਾਇਆ। ਤੁਹਾਥੋਂ ਨਹੀਂ ਪੁੱਛਿਆ ਜਾਵੇਗਾ ਜੋ ਕੁੱਝ ਉਹ ਕਰਦੇ ਸਨ।

ਉਸ 'ਤੇ ਨਿਗਾਹ ਪੈ ਗਈ ਤਾਂ ਉਸ ਨੇ ਆਪਣੀ ਜੁੱਤੀ ਉਤਾਰੀ ਅਤੇ ਉਸ ਵਿਚ ਪਾਣੀ ਭਰ ਕੇ ਕੁੱਤੇ ਨੂੰ ਪਿਆ ਦਿੱਤਾ ਅੱਲਾਹ ਨੇ ਇਸੇ ਕਾਰਨ ਉਸ ਦੀ ਬਖ਼ਸ਼ਿਸ਼ ਕਰ ਦਿੱਤੀ। (ਸਹੀ ਬੁਖ਼ਾਰੀ ਹਦੀਸ: 3467)

142. ਛੇਤੀ ਹੀ ਇਹ ਮੂਰਖ ਲੋਕ ਆਖਣਗੇ ਕਿ ਇਹਨਾਂ (ਮੁਸਲਮਾਨਾਂ) ਦੇ ਕਿਬਲੇ (ਦਿਸ਼ਾ) ਨੂੰ ਕਿਸ ਨੇ ਬਦਲਿਆ ਹੈ ਜਿਸ ਵੱਲ (ਮੂੰਹ ਕਰਕੇ ਇਹ ਨਮਾਜ਼ ਪੜ੍ਹਿਆ ਕਰਦੇ) ਸਨ? (ਹੇ ਨਬੀ! ਤੁਸੀਂ) ਆਖ ਦਿਓ ਕਿ ਪੂਰਬ ਤੇ ਪੱਛਮ ਅੱਲਾਹ ਦੇ ਹਨ ਉਹ ਜਿਸ ਨੂੰ ਚਾਹੁੰਦਾ ਹੈ ਸਿੱਧੀ ਰਾਹ ਦੀ ਹਿਦਾਇਤ ਦਿੰਦਾ ਹੈ।

سَيَقُولُ السُّفَهَاءُ مِنَ النَّاسِ مَا وَلَّاهُمْ عَنْ
قِبْلَتِهِمُ الَّتِي كَانُوا عَلَيْهَا ۚ قُلْ لِلَّهِ الْمَشْرِقُ وَ
الْمَغْرِبُ ۚ يَهْدِي مَنْ يَشَاءُ إِلَىٰ صِرَاطٍ مُسْتَقِيمٍ ١٤٢

143. ਐਵੇਂ ਹੀ ਅਸਾਂ (ਅੱਲਾਹ ਨੇ ਮੁਸਲਮਾਨੋ) ਤੁਹਾਨੂੰ ਵੀ ਉੱਤਮ ਦਰਜੇ ਦੀ (ਜਮਾਅਤ) ਬਣਾਇਆ ਹੈ ਤਾਂ ਜੋ ਤੁਸੀਂ ਲੋਕਾਂ 'ਤੇ ਗਵਾਹ ਬਣੋ ਅਤੇ ਰਸੂਲ ਤੁਹਾਡੇ ਲਈ ਗਵਾਹੀ ਦੇਣ।[1] (ਹੇ ਨਬੀ) ਜਿਸ ਦਿਸ਼ਾ (ਬੈਤੁਲ ਮਕੱਦਸ) ਵੱਲ ਤੁਸੀਂ ਪਹਿਲਾਂ ਸੀ ਉਸ ਨੂੰ ਕੇਵਲ ਇਸ ਲਈ ਨਿਯਤ ਕੀਤਾ ਗਿਆ ਸੀ ਕਿ (ਪਤਾ ਲੱਗੇ) ਕਿ ਕੌਣ ਰਸੂਲ (ਮੁਹੰਮਦ) ਦੀ ਪੈਰਵੀ ਕਰਦਾ ਹੈ, ਅਤੇ ਕਿਹੜਾ ਆਪਣੇ ਪੈਰ ਪਿਛਾਂਹ ਖਿੱਚਦਾ ਹੈ। ਬੇਸ਼ੱਕ ਇਹ (ਦਿਸ਼ਾ ਦਾ ਬਦਲਾਓ) ਹੈ ਤਾਂ ਬਹੁਤ ਔਖਾ ਪਰ ਉਹਨਾਂ ਲੋਕਾਂ ਲਈ ਔਖਾ ਨਹੀਂ ਜਿਨ੍ਹਾਂ ਨੂੰ ਅੱਲਾਹ ਨੇ ਹਿਦਾਇਤ ਬਖ਼ਸ਼ੀ ਹੈ। ਇੰਜ ਵੀ ਨਹੀਂ ਕਿ

وَكَذَٰلِكَ جَعَلْنَاكُمْ أُمَّةً وَسَطًا لِتَكُونُوا شُهَدَاءَ عَلَى
النَّاسِ وَيَكُونَ الرَّسُولُ عَلَيْكُمْ شَهِيدًا ۗ وَمَا جَعَلْنَا
الْقِبْلَةَ الَّتِي كُنْتَ عَلَيْهَا إِلَّا لِنَعْلَمَ مَنْ يَتَّبِعُ
الرَّسُولَ مِمَّنْ يَنْقَلِبُ عَلَىٰ عَقِبَيْهِ ۚ وَإِنْ كَانَتْ
لَكَبِيرَةً إِلَّا عَلَى الَّذِينَ هَدَى اللَّهُ ۗ وَمَا كَانَ
اللَّهُ لِيُضِيعَ إِيمَانَكُمْ ۚ إِنَّ اللَّهَ بِالنَّاسِ
لَرَءُوفٌ رَحِيمٌ ١٤٣

[1] ਇਸ ਦੀ ਵਿਆਖਿਆ ਹਦੀਸ ਵਿਚ ਹੈ ਕਿ ਕਿਆਮਤ ਵਾਲੇ ਦਿਨ ਹਜ਼ਰਤ ਨੂਹ ਨੂੰ ਬੁਲਾਇਆ ਜਾਵੇਗਾ ਤਾਂ ਉਹ ਆਖਣਗੇ ਕਿ ਮੈਂ ਹਾਜ਼ਰ ਹਾਂ ਹੇ ਮੇਰੇ ਪਾਲਣਹਾਰ ਮੈਂ ਤੇਰਾ ਆਗਿਆਕਾਰੀ ਹਾਂ। ਅੱਲਾਹ ਤਆਲਾ ਉਹਨਾਂ ਤੋਂ ਪੁੱਛੇਗਾ ਕੀ ਤੂੰ ਸਾਡਾ ਪੈਗ਼ਾਮ ਲੋਕਾਂ ਤਕ ਪਹੁੰਚਾ ਦਿੱਤਾ ਸੀ? ਉੱਤਰ ਵਿਚ ਹਜ਼ਰਤ ਨੂਹ ਆਖਣਗੇ ਕਿ ਹਾਂ ਮੇਰੇ ਰੱਬ। ਫਿਰ ਉਹਨਾਂ ਦੀ ਕੌਮ ਤੋਂ ਪੁੱਛਿਆ ਜਾਵੇਗਾ ਕਿ ਨੂਹ ਨੇ ਸਾਡਾ ਪੈਗ਼ਾਮ ਤੁਹਾਨੂੰ ਦੇ ਦਿੱਤਾ ਸੀ? ਉਹ ਉੱਤਰ ਵਿਚ ਆਖਣਗੇ ਕਿ ਸਾਡੇ ਕੋਲ ਤਾਂ ਕੋਈ ਵੀ ਡਰਾਉਣ ਵਾਲਾ ਨਹੀਂ ਆਇਆ ਸੀ। ਇਸ 'ਤੇ ਅੱਲਾਹ ਨੂਹ ਨੂੰ ਫ਼ਰਮਾਏਗਾ, ਕੀ ਤੇਰੇ ਹੱਕ ਵਿਚ ਕੋਈ ਗਵਾਹੀ ਦੇਣ ਵਾਲਾ ਵੀ ਹੈ? ਹਜ਼ਰਤ ਨੂਹ ਆਖਣਗੇ ਕਿ ਹਜ਼ਰਤ ਮੁਹੰਮਦ (ਸ) ਅਤੇ ਉਹਨਾਂ ਦੀ ਉੱਮਤ ਹੈ ਫਿਰ ਉੱਮਤੇ ਮੁਹੰਮਦੀਆ ਗਵਾਹੀ ਦੇਵੇਗੀ ਕਿ ਹਜ਼ਰਤ ਨੂਹ ਨੇ ਇਹ ਪੈਗ਼ਾਮ ਆਪਣੀ ਕੌਮ ਤਕ ਪਹੁੰਚਾ ਦਿੱਤਾ ਸੀ ਅਤੇ ਹੇ ਉੱਮਤੇ ਮੁਹੰਮਦੀਆ! ਰਸੂਲ (ਸ.) ਤੁਹਾਡੇ ਉੱਤੇ ਗਵਾਹ ਹੋਣਗੇ ਅਤੇ ਇਹੋ ਅਰਥ ਹੈ ਅੱਲਾਹ ਤਆਲਾ ਦੇ ਇਸ ਫ਼ਰਮਾਨ ਦਾ ਕਿ ਅਸੀਂ ਤੁਹਾਨੂੰ ਸਭ ਤੋਂ ਵੱਧ ਵਡਿਆਈ ਵਾਲੀ ਉੱਮਤ ਬਣਾਇਆ ਹੈ ਤਾਂ ਜੋ ਤੁਸੀਂ ਲੋਕਾਂ ਉੱਤੇ ਗਵਾਹ ਬਣ ਜਾਓ ਅਤੇ ਰਸੂਲ (ਸ.) ਤੁਹਾਡੇ ਉੱਤੇ ਗਵਾਹ ਬਣ ਜਾਣ। (ਸਹੀ ਬੁਖ਼ਾਰੀ, ਹਦੀਸ: 4487)

ਅੱਲਾਹ ਤੁਹਾਡੇ ਈਮਾਨ ਨੂੰ ਬਰਬਾਦ ਹੀ ਕਰ ਦੇਵੇ। ਬੇਸ਼ੱਕ ਅੱਲਾਹ ਲੋਕਾਂ ਨਾਲ ਨਰਮੀ ਕਰਨ ਵਾਲਾ ਅਤੇ ਰਹਿਮ ਕਰਨ ਵਾਲਾ ਹੈ।

144. (ਹੇ ਨਬੀ ਸ.!) ਅਸੀਂ (ਅੱਲਾਹ) ਤੁਹਾਡੇ ਚਿਹਰੇ ਨੂੰ ਮੁੜ ਮੁੜ ਅਕਾਸ਼ ਵੱਲ ਉਠਦਾ ਵੇਖ ਰਹੇ ਹਾਂ ਅਸੀਂ ਤੁਹਾਨੂੰ ਉਸੇ ਕਿਬਲੇ (ਦਿਸ਼ਾ) ਵੱਲ ਮੋੜ ਦਿਆਂਗੇ ਜਿਹੜਾ ਤੁਹਾਨੂੰ ਪਸੰਦ ਹੈ, ਸੋ ਤੁਸੀਂ ਆਪਣਾ ਮੂੰਹ ਮਸਜਿਦੇ ਹਰਾਮ (ਖ਼ਾਨਾ ਕਾਅਬਾ) ਵੱਲ ਫੇਰ ਲਵੋ ਅਤੇ ਤੁਸੀਂ ਜਿੱਥੇ ਕਿਤੇ ਵੀ (ਨਮਾਜ਼ ਪੜ੍ਹਦੇ) ਹੋਵੋ ਆਪਣਾ ਮੂੰਹ ਉਸੇ ਵੱਲ ਫੇਰ ਲਿਆ ਕਰੋ। ਜਿਨ੍ਹਾਂ ਨੂੰ ਕਿਤਾਬ (ਤੌਰੇਤ ਅਤੇ ਇੰਜੀਲ) ਦਿੱਤੀ ਗਈ ਹੈ ਉਹ ਅਵੱਸ਼ ਹੀ (ਖ਼ਾਨਾ-ਕਾਅਬਾ ਦੀ ਮਹੱਤਤਾ ਨੂੰ) ਜਾਣਦੇ ਹਨ ਕਿ ਬੇਸ਼ੱਕ ਇਹ ਉਹਨਾਂ ਦੇ ਰੱਬ ਵੱਲੋਂ ਹੱਕ (ਵਾਲਾ ਫ਼ੈਸਲਾ) ਹੈ ਅਤੇ ਅੱਲਾਹ ਉਹਨਾਂ (ਦੀਆਂ ਕਰਤੂਤਾਂ) ਤੋਂ ਉੱਕਾ ਹੀ ਬੇਖ਼ਬਰ ਨਹੀਂ ਜੋ ਉਹ (ਅਹਲੇ ਕਿਤਾਬ) ਕਰਦੇ ਹਨ।

قَدْ نَرَىٰ تَقَلُّبَ وَجْهِكَ فِي السَّمَاءِ ۖ فَلَنُوَلِّيَنَّكَ
قِبْلَةً تَرْضَاهَا ۚ فَوَلِّ وَجْهَكَ شَطْرَ الْمَسْجِدِ الْحَرَامِ ۚ
وَحَيْثُ مَا كُنتُمْ فَوَلُّوا وُجُوهَكُمْ شَطْرَهُ ۗ وَإِنَّ
الَّذِينَ أُوتُوا الْكِتَابَ لَيَعْلَمُونَ أَنَّهُ الْحَقُّ مِن
رَّبِّهِمْ ۗ وَمَا اللَّهُ بِغَافِلٍ عَمَّا يَعْمَلُونَ ١٤٤

145. ਹੇ ਨਬੀ! ਤੁਸੀਂ ਉਹਨਾਂ ਲੋਕਾਂ ਦੇ ਕੋਲ ਜਿਨ੍ਹਾਂ ਨੂੰ ਕਿਤਾਬ ਦਿੱਤੀ ਗਈ ਸੀ ਕਿੰਨੀਆਂ ਹੀ ਦਲੀਲਾਂ ਕਿਉਂ ਨਾ ਲੈ ਆਓ ਤਾਂ ਵੀ ਉਹ ਤੁਹਾਡੇ ਕਿਬਲੇ ਦੀ ਪੈਰਵੀ ਨਹੀਂ ਕਰਨਗੇ ਅਤੇ ਨਾ ਹੀ ਤੁਸੀਂ ਹੁਣ ਉਹਨਾਂ ਦੇ ਕਿਬਲੇ (ਬੈਤੁਲ ਮੁਕੱਦਸ) ਦੀ ਪੈਰਵੀ ਕਰਨ ਵਾਲੇ ਹੋ ਅਤੇ ਇਹਨਾਂ (ਯਹੂਦੀ ਅਤੇ ਈਸਾਈਆਂ) ਵਿੱਚੋਂ ਕੋਈ ਵੀ ਧੜਾ ਦੂਜੇ ਧੜੇ ਦੇ ਕਿਬਲੇ ਦੀ ਪੈਰਵੀ ਕਰਨ ਵਾਲਾ ਨਹੀਂ (ਹੇ ਨਬੀ!) ਜੇ ਤੁਸੀਂ ਵੀ ਉਹਨਾਂ ਦੀਆਂ ਇੱਛਾਵਾਂ ਦੀ ਪੈਰਵੀ ਕੀਤੀ ਜਦ ਕਿ ਤੁਹਾਡੇ ਕੋਲ (ਰੱਬੀ) ਗਿਆਨ ਆ ਚੁੱਕਿਆ ਹੈ ਤਾਂ ਤੁਸੀਂ ਵੀ ਜ਼ਾਲਮਾਂ ਵਿਚ ਗਿਣੇ ਜਾਵੋਗੇ।

وَلَئِنْ أَتَيْتَ الَّذِينَ أُوتُوا الْكِتَابَ بِكُلِّ آيَةٍ
مَّا تَبِعُوا قِبْلَتَكَ ۚ وَمَا أَنتَ بِتَابِعٍ قِبْلَتَهُمْ ۚ
وَمَا بَعْضُهُم بِتَابِعٍ قِبْلَةَ بَعْضٍ ۚ وَلَئِنِ
اتَّبَعْتَ أَهْوَاءَهُم مِّن بَعْدِ مَا جَاءَكَ مِنَ
الْعِلْمِ ۙ إِنَّكَ إِذًا لَّمِنَ الظَّالِمِينَ ١٤٥

146. ਜਿਨ੍ਹਾਂ ਲੋਕਾਂ ਨੂੰ ਅਸੀਂ ਕਿਤਾਬਾਂ ਦਿੱਤੀਆਂ ਉਹ ਇਸ (ਰਸੂਲ) ਨੂੰ ਇੰਜ ਪਛਾਣਦੇ ਹਨ ਜਿਵੇਂ ਆਪਣੇ ਪੁੱਤਰਾਂ ਨੂੰ ਪਛਾਣਦੇ ਹਨ। ਪਰ ਇਹਨਾਂ ਵਿਚੋਂ ਇਕ ਟੋਲਾ ਹੱਕ ਨੂੰ ਜਾਣ ਬੁਝ ਕੇ ਲੁਕਾ ਰਿਹਾ ਹੈ ਜਦ ਕਿ ਉਹ (ਸੱਚਾਈ ਨੂੰ) ਭਲੀਭਾਂਤ ਜਾਣਦਾ ਹੈ।

اَلَّذِيْنَ اٰتَيْنٰهُمُ الْكِتٰبَ يَعْرِفُوْنَهٗ كَمَا يَعْرِفُوْنَ
اَبْنَآءَهُمْ ۭ وَاِنَّ فَرِيْقًا مِّنْهُمْ لَيَكْتُمُوْنَ الْحَقَّ وَهُمْ
يَعْلَمُوْنَ ۱۴۶

147. ਬੇਸ਼ੱਕ ਤੁਹਾਡੇ ਰੱਬ ਵੱਲੋਂ ਇਹੋ ਹੱਕ ਵਾਲੀ ਗੱਲ ਹੈ, ਸੋ ਤੁਸੀਂ ਇਸ ਬਾਰੇ ਕਿਸੇ ਸੰਦੇਹ ਵਿਚ ਨਾ ਪਓ।

اَلْحَقُّ مِنْ رَّبِّكَ فَلَا تَكُوْنَنَّ مِنَ الْمُمْتَرِيْنَ ۱۴۷ ع

148. ਹਰੇਕ ਲਈ ਇਕ ਦਿਸ਼ਾ ਹੈ ਜਿਸ ਵੱਲ ਉਹ ਮੁੜਦਾ ਹੈ। ਸੋ ਤੁਸੀਂ ਨੇਕੀਆਂ ਕਰਨ ਵਿਚ ਇਕ ਦੂਜੇ ਤੋਂ ਅਗਾਂਹ ਵੱਧੋ। ਤੁਸੀਂ ਜਿੱਥੇ ਵੀ ਹੋਵੋਗੇ ਅੱਲਾਹ ਤੁਹਾਨੂੰ ਸਭ ਨੂੰ (ਇਸੇ ਦਿਸ਼ਾ ਵੱਲ) ਲੈ ਆਵੇਗਾ। ਬੇਸ਼ੱਕ ਅੱਲਾਹ ਹਰ ਪ੍ਰਕਾਰ ਦੀ ਸਮਰਥਾ ਰਖਦਾ ਹੈ।

وَلِكُلٍّ وِّجْهَةٌ هُوَ مُوَلِّيْهَا فَاسْتَبِقُوا الْخَيْرٰتِ ۭ
اَيْنَ مَا تَكُوْنُوْا يَاْتِ بِكُمُ اللّٰهُ جَمِيْعًا ۭ اِنَّ اللّٰهَ
عَلٰي كُلِّ شَيْءٍ قَدِيْرٌ ۱۴۸

149. (ਹੇ ਨਬੀ!) ਤੁਸੀਂ ਜਿੱਥੇ ਵੀ ਹਾਵ ਹੋ ਕੇ ਲੰਘੋ ਆਪਣਾ ਮੂੰਹ (ਨਮਾਜ਼ ਵੇਲੇ) ਮਸਜਿਦੇ ਹਰਾਮ (ਖ਼ਾਨਾ-ਕਾਅਬਾ) ਵੱਲ ਕਰ ਲਿਆ ਕਰੋ ਅਤੇ ਇਹ ਤੁਹਾਡੇ ਰੱਬ ਵੱਲੋਂ ਇਨਸਾਫ਼ ਵਾਲਾ ਫ਼ੈਸਲਾ ਹੈ ਅਤੇ ਅੱਲਾਹ ਤੁਹਾਡੇ ਕੀਤੇ ਅਮਲਾਂ ਤੋਂ ਬੇਖ਼ਬਰ ਨਹੀਂ।

وَمِنْ حَيْثُ خَرَجْتَ فَوَلِّ وَجْهَكَ شَطْرَ الْمَسْجِدِ
الْحَرَامِ ۭ وَاِنَّهٗ لَلْحَقُّ مِنْ رَّبِّكَ ۭ وَمَا اللّٰهُ بِغَافِلٍ
عَمَّا تَعْمَلُوْنَ ۱۴۹

150. (ਹੇ ਨਬੀ) ਤੁਸੀਂ ਜਿੱਥੇ ਵੀ ਹੋ ਕੇ ਲੰਘੋ ਆਪਣਾ ਮੂੰਹ ਮਸਜਿਦੇ ਹਰਾਮ ਵੱਲ (ਨਮਾਜ਼ ਵੇਲੇ) ਕਰ ਲਿਆ ਕਰੋ ਅਤੇ (ਹੇ ਮੁਸਲਮਾਨੋ) ਤੁਸੀਂ ਵੀ ਜਿੱਥੇ ਵੀ ਹੋਵੋ ਆਪਣਾ ਮੂੰਹ (ਨਮਾਜ਼ ਵੇਲੇ) ਉਸੇ (ਖ਼ਾਨਾ-ਕਾਅਬਾ) ਵੱਲ ਕਰ ਲਿਆ ਕਰੋ ਤਾਂ ਜੋ ਲੋਕਾਂ ਨੂੰ ਤੁਹਾਡੇ ਵਿਰੁੱਧ (ਬੋਲਣ ਲਈ) ਕੋਈ ਦਲੀਲ ਨਾ ਮਿਲੇ। ਹਾਂ। ਇਹਨਾਂ ਵਿਚੋਂ ਜਿਹੜੇ

وَمِنْ حَيْثُ خَرَجْتَ فَوَلِّ وَجْهَكَ شَطْرَ الْمَسْجِدِ
الْحَرَامِ ۭ وَحَيْثُ مَا كُنْتُمْ فَوَلُّوْا وُجُوْهَكُمْ شَطْرَهٗ ۙ
لِئَلَّا يَكُوْنَ لِلنَّاسِ عَلَيْكُمْ حُجَّةٌ ڎ اِلَّا الَّذِيْنَ
ظَلَمُوْا مِنْهُمْ ۤ فَلَا تَخْشَوْهُمْ وَاخْشَوْنِيْ ۤ وَلِاُتِمَّ
نِعْمَتِيْ عَلَيْكُمْ وَلَعَلَّكُمْ تَهْتَدُوْنَ ۱۵۰

ਜ਼ਾਲਿਮ ਹਨ (ਉਹ ਬੋਲਦੇ ਰਹਿਣਗੇ) ਤੁਸੀਂ ਉਹਨਾਂ ਤੋਂ ਨਾ ਡਰੋ ਕੇਵਲ ਮੈਥੋਂ ਹੀ ਡਰੋ ਤਾਂ ਜੋ ਮੈਂ ਤੁਹਾਡੇ 'ਤੇ ਆਪਣੀਆਂ ਸਾਰੀਆਂ ਨਿਅਮਤਾਂ ਪੂਰੀਆਂ ਕਰ ਦੇਵਾਂ ਤਾਂ ਜੋ ਤੁਸੀਂ ਸਿੱਧੀ ਰਾਹ ਪ੍ਰਾਪਤ ਕਰ ਸਕੋ।

كَمَآ أَرْسَلْنَا فِيكُمْ رَسُولًا مِّنكُمْ يَتْلُوا۟ عَلَيْكُمْ ءَايَٰتِنَا وَيُزَكِّيكُمْ وَيُعَلِّمُكُمُ ٱلْكِتَٰبَ وَٱلْحِكْمَةَ وَيُعَلِّمُكُم مَّا لَمْ تَكُونُوا۟ تَعْلَمُونَ ﴿١٥١﴾

151. ਅਸੀਂ ਤੁਹਾਡੇ ਲਈ ਤੁਹਾਡੇ ਵਿਚੋਂ ਹੀ ਇਕ ਰਸੂਲ (ਨਿਅਮਤ ਵਜੋਂ) ਭੇਜਿਆ ਹੈ, ਉਹ ਤੁਹਾਨੂੰ ਸਾਡੀਆਂ ਆਇਤਾਂ (ਕੁਰਆਨ) ਸੁਣਾਉਂਦਾ ਹੈ ਅਤੇ ਤੁਹਾਨੂੰ ਪਾਕ ਕਰਦਾ ਹੈ ਅਤੇ ਤੁਹਾਨੂੰ ਕਿਤਾਬ ਅਤੇ ਹਿਕਮਤ (ਕੁਰਆਨ ਤੇ ਹਦੀਸ) ਦੀ ਸਿੱਖਿਆ ਦਿੰਦਾ ਹੈ ਅਤੇ ਤੁਹਾਨੂੰ ਉਹ ਗੱਲਾਂ ਸਿਖਾਉਂਦਾ ਹੈ ਜਿਨ੍ਹਾਂ ਨੂੰ ਤੁਸੀਂ (ਉੱਕਾ ਹੀ) ਨਹੀਂ ਜਾਣਦੇ ਸੀ।

فَٱذْكُرُونِىٓ أَذْكُرْكُمْ وَٱشْكُرُوا۟ لِى وَلَا تَكْفُرُونِ ﴿١٥٢﴾

152. ਸੋ ਤੁਸੀਂ (ਹੇ ਈਮਾਨ ਵਾਲਿਓ!) ਮੈਨੂੰ ਯਾਦ ਰੱਖੋ ਮੈਂ ਤੁਹਾਨੂੰ ਯਾਦ ਰੱਖਾਂਗਾ[1] ਤੁਸੀਂ ਮੇਰਾ ਸ਼ੁਕਰ ਅਦਾ ਕਰੋ ਮੇਰੀ ਨਾ-ਸ਼ੁਕਰੀ ਨਾ ਕਰੋ।

يَٰٓأَيُّهَا ٱلَّذِينَ ءَامَنُوا۟ ٱسْتَعِينُوا۟ بِٱلصَّبْرِ وَٱلصَّلَوٰةِ ۚ إِنَّ ٱللَّهَ مَعَ ٱلصَّٰبِرِينَ ﴿١٥٣﴾

153. ਹੇ ਈਮਾਨ ਵਾਲਿਓ! ਤੁਸੀਂ (ਅੱਲਾਹ ਤੋਂ) ਸਬਰ ਅਤੇ ਨਮਾਜ਼ ਰਾਹੀਂ ਮਦਦ ਮੰਗੋ ਬੇਸ਼ੱਕ ਅੱਲਾਹ ਸਬਰ ਕਰਨ ਵਾਲਿਆਂ ਦਾ ਸਾਥ ਦਿੰਦਾ ਹੈ।

وَلَا تَقُولُوا۟ لِمَن يُقْتَلُ فِى سَبِيلِ ٱللَّهِ أَمْوَٰتٌۢ ۚ بَلْ أَحْيَآءٌ وَلَٰكِن لَّا تَشْعُرُونَ ﴿١٥٤﴾

154. ਅਤੇ ਜਿਹੜੇ ਲੋਕ ਅੱਲਾਹ ਦੀ ਰਾਹ ਵਿਚ ਮਾਰੇ ਜਾਣ ਉਹਨਾਂ ਨੂੰ ਮੁਰਦਾ ਨਾ ਕਹੋ ਉਹ ਤਾਂ ਜਿਉਂਦੇ ਹਨ ਪਰ ਤੁਸੀਂ ਸਮਝ ਨਹੀਂ ਸਕਦੇ।

---

[1] ਅੱਲਾਹ ਦੇ ਰਸੂਲ (ਸ:) ਦਾ ਇਰਸ਼ਾਦ ਹੈ ਕਿ ਅੱਲਾਹ ਦਾ ਕਹਿਣਾ ਹੈ ਕਿ ਮੇਰਾ ਬੰਦਾ ਮੇਰੇ ਪ੍ਰਤੀ ਜਿਹੜੀ ਸੋਚ ਰੱਖਦਾ ਹੈ ਮੈਂ ਉਸੇ ਦੇ ਅਨੁਸਾਰ ਹੋ ਜਾਂਦਾ ਹਾਂ ਜਦੋਂ ਉਹ ਮੈਨੂੰ ਯਾਦ ਕਰਦਾ ਹੈ ਤਾਂ ਮੈਂ ਉਸ ਦੇ ਕੋਲ ਹੁੰਦਾ ਹਾਂ ਜੇ ਉਹ ਮੈਨੂੰ ਦਿਲ ਵਿਚ ਯਾਦ ਕਰਦਾ ਹੈ ਤਾਂ ਮੈਂ ਵੀ ਉਸ ਨੂੰ ਦਿਲ ਵਿਚ ਯਾਦ ਕਰਦਾ ਹਾਂ ਜੇ ਉਹ ਮੈਨੂੰ ਕਿਸੇ ਸਭਾ ਵਿਚ ਯਾਦ ਕਰਦਾ ਹੈ ਤਾਂ ਮੈਂ ਵੀ ਉਸ ਨੂੰ ਉਸ ਤੋਂ ਵਧੀਆ ਫ਼ਰਿਸ਼ਤਿਆਂ ਦੀ ਸਭਾ ਵਿਚ ਯਾਦ ਕਰਦਾ ਹਾਂ ਜੇ ਉਹ ਮੇਰੇ ਵੱਲ ਇਕ ਉਂਗਲ ਵਧਦਾ ਹੈ ਤਾਂ ਮੈਂ ਇਕ ਹੱਥ ਜਿੰਨਾ ਉਸ ਦੇ ਨੇੜੇ ਆਉਂਦਾ ਹਾਂ ਜੇ ਉਹ ਮੇਰੇ ਵੱਲ ਇਕ ਹੱਥ ਵਧਦਾ ਹੈ ਤਾਂ ਮੈਂ ਦੋਵੇਂ ਹੱਥਾਂ ਜਿੰਨਾ ਉਸ ਦੇ ਨੇੜੇ ਆਉਂਦਾ ਹਾਂ ਜੇ ਉਹ ਮੇਰੇ ਕੋਲ ਤੁਰ ਕੇ ਆਉਂਦਾ ਹੈ ਤਾਂ ਮੈਂ ਉਸ ਵੱਲ ਨੱਸ ਕੇ ਆਉਂਦਾ ਹਾਂ। (ਸਹੀ ਬੁਖ਼ਾਰੀ, ਹਦੀਸ: 7405)

155. (ਹੇ ਈਮਾਨ ਵਾਲਿਓ!) ਅਸੀਂ (ਅੱਲਾਹ) ਤੁਹਾਨੂੰ (ਦੁਸ਼ਮਨ ਦੇ) ਡਰ, ਭੁੱਖ, ਜਾਨ, ਮਾਲ, ਅਤੇ ਫਲਾਂ (ਰਿਜ਼ਕ) ਦੇ ਹਾਨ ਅਤੇ ਘਾਟਿਆਂ ਤੋਂ ਅਵੱਸ਼ ਹੀ ਪਰਖਾਂਗਾ (ਕਿ ਕੌਣ ਸਬਰ ਕਰਨ ਵਾਲਾ ਹੈ)? ਜਿਹੜੇ ਸਬਰ ਕਰਨ ਵਾਲੇ ਹਨ ਉਹਨਾਂ ਨੂੰ (ਜੰਨਤ ਦੀ) ਖ਼ੁਸ਼ਖ਼ਬਰੀ ਸੁਣਾ ਦਿਓ।

وَلَنَبْلُوَنَّكُمْ بِشَيْءٍ مِّنَ الْخَوْفِ وَالْجُوعِ
وَنَقْصٍ مِّنَ الْأَمْوَالِ وَالْأَنفُسِ وَالثَّمَرَاتِ ۗ
وَبَشِّرِ الصَّابِرِينَ ﴿١٥٥﴾

156. ਉਨ੍ਹਾਂ (ਈਮਾਨ ਵਾਲੇ) ਲੋਕਾਂ ਨੂੰ ਜਦੋਂ ਕੋਈ ਮੁਸੀਬਤ ਆਉਂਦੀ ਹੈ ਤਾਂ ਆਖਦੇ ਹਨ ਕਿ ਬੇਸ਼ੱਕ ਅਸੀਂ ਅੱਲਾਹ ਦੇ ਹੀ (ਬੰਦੇ) ਹਾਂ ਅਤੇ ਅੰਤ ਉਸੇ ਵੱਲ ਹੀ ਜਾਣਾ ਹੈ।

الَّذِينَ إِذَا أَصَابَتْهُم مُّصِيبَةٌ قَالُوا
إِنَّا لِلَّهِ وَإِنَّا إِلَيْهِ رَاجِعُونَ ﴿١٥٦﴾

157. ਇਹ ਉਹ ਲੋਕ ਹਨ ਜਿਨ੍ਹਾਂ ਲਈ ਉਹਨਾਂ ਦੇ ਰੱਬ ਵੱਲੋਂ ਬਖ਼ਸ਼ਿਸ਼ਾਂ ਤੇ ਮਿਹਰਾਂ ਹਨ ਅਤੇ ਹਿਦਾਇਤ ਵਾਲੇ ਵੀ ਇਹੋ ਲੋਕ ਹਨ।

أُولَٰئِكَ عَلَيْهِمْ صَلَوَاتٌ مِّن رَّبِّهِمْ وَرَحْمَةٌ ۖ
وَأُولَٰئِكَ هُمُ الْمُهْتَدُونَ ﴿١٥٧﴾

158. ਬੇਸ਼ੱਕ ਸਫ਼ਾ ਅਤੇ ਮਰਵਾ (ਨਾਂ ਦੀਆਂ ਪਹਾੜੀਆਂ) ਅੱਲਾਹ ਦੀਆਂ ਨਿਸ਼ਾਨੀਆਂ ਵਿੱਚੋਂ ਹਨ। ਜਿਹੜਾ ਵਿਅਕਤੀ ਅੱਲਾਹ ਦੇ ਘਰ (ਖ਼ਾਨਾ-ਕਾਅਬਾ) ਦਾ ਹੱਜ ਜਾਂ ਉਮਰਾ ਕਰੇ ਤਾਂ ਉਸ ਉੱਤੇ ਇਹਨਾਂ (ਦੋਵੇਂ ਪਹਾੜੀਆਂ) ਦੇ ਵਿਚਕਾਰ ਫੇਰੇ ਲਗਾਉਣ ਵਿਚ ਕੋਈ ਗੁਨਾਹ ਨਹੀਂ ਅਤੇ ਜੇ ਕੋਈ ਵਿਅਕਤੀ ਖ਼ੁਸ਼ੀ ਨਾਲ ਕੋਈ ਨੇਕੀ ਕਰਦਾ ਹੈ ਤਾਂ ਅੱਲਾਹ (ਉਸ ਦੀ) ਕਦਰ ਕਰਨ ਵਾਲਾ ਹੈ ਅਤੇ ਅੱਲਾਹ (ਹਰ ਗੱਲ) ਨੂੰ ਜਾਣਨ ਵਾਲਾ ਹੈ।

إِنَّ الصَّفَا وَالْمَرْوَةَ مِن شَعَائِرِ اللَّهِ ۖ فَمَنْ حَجَّ
الْبَيْتَ أَوِ اعْتَمَرَ فَلَا جُنَاحَ عَلَيْهِ أَن يَطَّوَّفَ بِهِمَا ۚ
وَمَن تَطَوَّعَ خَيْرًا فَإِنَّ اللَّهَ شَاكِرٌ عَلِيمٌ ﴿١٥٨﴾

159. ਬੇਸ਼ੱਕ ਉਹ ਲੋਕ ਜਿਹੜੇ ਸਾਡੀਆਂ (ਅੱਲਾਹ ਦੀਆਂ) ਉਤਾਰੀਆਂ ਹੋਈਆਂ ਸਪਸ਼ਟ ਦਲੀਲਾਂ ਅਤੇ ਹਿਦਾਇਤਾਂ ਨੂੰ ਲੁਕਾਉਂਦੇ ਹਨ ਜਦ ਕਿ ਅਸੀਂ ਉਹਨਾਂ ਨੂੰ ਕਿਤਾਬ (ਕੁਰਆਨ) ਵਿਚ ਚੰਗੀ ਤਰ੍ਹਾਂ ਬਿਆਨ ਕਰ ਚੁੱਕੇ ਹਾਂ, ਇਹੋ ਉਹ ਲੋਕ ਹਨ ਜਿਨ੍ਹਾਂ ਨੂੰ ਰੱਬ ਦੀ ਫਿਟਕਾਰ ਹੈ ਅਤੇ ਸਾਰੇ ਫਿਟਕਾਰਨ ਵਾਲੇ ਵੀ ਉਹਨਾਂ ਉੱਤੇ ਲਾਅਨਤਾਂ ਭੇਜਦੇ ਹਨ।

إِنَّ الَّذِينَ يَكْتُمُونَ مَا أَنزَلْنَا مِنَ الْبَيِّنَاتِ
وَالْهُدَىٰ مِن بَعْدِ مَا بَيَّنَّاهُ لِلنَّاسِ فِي الْكِتَابِ ۙ
أُولَٰئِكَ يَلْعَنُهُمُ اللَّهُ وَيَلْعَنُهُمُ اللَّاعِنُونَ ﴿١٥٩﴾

160. ਪਰ ਜਿਨ੍ਹਾਂ ਲੋਕਾਂ ਨੇ ਤੌਬਾ ਕਰ ਲਈ ਅਤੇ ਆਪਣਾ ਸੁਧਾਰ ਕਰ ਲਿਆ ਅਤੇ (ਸੱਚਾਈ ਦਾ) ਸਰੇਆਮ ਪ੍ਰਗਟਾਵਾ ਕਰਦੇ ਹਨ ਤਾਂ ਇਹ ਉਹ ਲੋਕ ਹਨ ਜਿਨ੍ਹਾਂ ਦੀ ਮੈਂ (ਅੱਲਾਹ) ਤੌਬਾ ਕਬੂਲ ਕਰਦਾ ਹਾਂ। ਮੈਂ ਬਹੁਤ ਹੀ ਵੱਧ ਕੇ ਤੌਬਾ ਕਬੂਲ ਕਰਨ ਵਾਲਾ ਅਤੇ ਰਹਿਮ ਕਰਨ ਵਾਲਾ ਹਾਂ।

إِلَّا الَّذِينَ تَابُوا وَأَصْلَحُوا وَبَيَّنُوا فَأُولَٰئِكَ أَتُوبُ عَلَيْهِمْ ۚ وَأَنَا التَّوَّابُ الرَّحِيمُ ١٦٠

161. ਪਰ ਜਿਨ੍ਹਾਂ ਲੋਕਾਂ ਨੇ ਕੁਫ਼ਰ (ਇਨਕਾਰ) ਕੀਤਾ ਅਤੇ ਕੁਫ਼ਰ ਦੀ ਹਾਲਤ ਵਿਚ ਹੀ ਉਹ ਮਰ ਗਏ, ਬੇਸ਼ੱਕ ਇਹ ਉਹ ਲੋਕ ਹਨ ਜਿਨ੍ਹਾਂ ਉੱਤੇ ਅੱਲਾਹ ਤੇ ਉਸ ਦੇ ਫ਼ਰਿਸ਼ਤਿਆਂ ਦੀ ਅਤੇ ਸਾਰੇ ਲੋਕਾਂ ਦੀ ਲਾਅਨਤ ਹੈ।

إِنَّ الَّذِينَ كَفَرُوا وَمَاتُوا وَهُمْ كُفَّارٌ أُولَٰئِكَ عَلَيْهِمْ لَعْنَةُ اللَّهِ وَالْمَلَائِكَةِ وَالنَّاسِ أَجْمَعِينَ ١٦١

162. ਅਤੇ ਉਹ ਇਸ (ਲਾਅਨਤ ਦੀ ਹਾਲਤ) ਵਿਚ ਸਦਾ ਰਹਿਣਗੇ, ਨਾ ਤਾਂ ਉਹਨਾਂ ਦੀ ਸਜ਼ਾ ਵਿਚ ਕੋਈ ਕਟੌਤੀ ਕੀਤੀ ਜਾਵੇਗੀ ਅਤੇ ਨਾ ਹੀ ਉਹਨਾਂ ਨੂੰ ਕੋਈ ਮੋਹਲਤ ਦਿੱਤੀ ਜਾਵੇਗੀ।

خَالِدِينَ فِيهَا ۖ لَا يُخَفَّفُ عَنْهُمُ الْعَذَابُ وَلَا هُمْ يُنْظَرُونَ ١٦٢

163. ਤੁਹਾਡਾ ਸਭ ਦਾ ਇਸ਼ਟ ਇਕ (ਅੱਲਾਹ) ਹੀ ਹੈ ਉਸ ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ। ਉਹ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

وَإِلَٰهُكُمْ إِلَٰهٌ وَاحِدٌ ۖ لَا إِلَٰهَ إِلَّا هُوَ الرَّحْمَٰنُ الرَّحِيمُ ١٦٣

164. ਬੇਸ਼ੱਕ ਅਕਾਸ਼ਾਂ ਅਤੇ ਧਰਤੀ ਦੇ ਪੈਦਾ ਕਰਨ ਵਿਚ, ਰਾਤ ਅਤੇ ਦਿਨ ਦੇ ਫੇਰ ਬਦਲ ਵਿਚ ਅਤੇ ਸਮੁੰਦਰ ਵਿਚ ਚੱਲਣ ਵਾਲੀਆਂ ਉਹਨਾਂ ਕਿਸ਼ਤੀਆਂ ਵਿਚ, ਜਿਹੜੀਆਂ ਲੋਕਾਂ ਲਈ ਲਾਭਦਾਇਕ ਵਸਤੂਆਂ ਲੈਕੇ ਚਲਦੀਆਂ ਹਨ ਅਤੇ ਅੱਲਾਹ ਵੱਲੋਂ ਅਕਾਸ਼ੋਂ ਉਤਾਰੇ ਹੋਏ ਪਾਣੀ ਵਿਚ ਜਿਸ ਰਾਹੀਂ ਜਿਹੜੀ ਧਰਤੀ ਮੁਰਦਾ (ਬੰਜਰ) ਹੋ ਚੁਕੀ ਸੀ ਉਸ ਨੂੰ ਜਿਉਂਦਾ (ਉਪਜਾਊ) ਬਣਾਇਆ ਅਤੇ ਹਰ ਤਰ੍ਹਾਂ ਦੇ ਜਾਨਵਰ ਜਿਹੜੇ ਉਸ ਨੇ ਧਰਤੀ 'ਤੇ

إِنَّ فِي خَلْقِ السَّمَاوَاتِ وَالْأَرْضِ وَاخْتِلَافِ اللَّيْلِ وَالنَّهَارِ وَالْفُلْكِ الَّتِي تَجْرِي فِي الْبَحْرِ بِمَا يَنْفَعُ النَّاسَ وَمَا أَنْزَلَ اللَّهُ مِنَ السَّمَاءِ مِنْ مَاءٍ فَأَحْيَا بِهِ الْأَرْضَ بَعْدَ مَوْتِهَا وَبَثَّ فِيهَا مِنْ كُلِّ دَابَّةٍ وَتَصْرِيفِ الرِّيَاحِ وَالسَّحَابِ الْمُسَخَّرِ بَيْنَ السَّمَاءِ وَالْأَرْضِ لَآيَاتٍ لِقَوْمٍ يَعْقِلُونَ ١٦٤

ਫੈਲਾਏ ਹਨ ਅਤੇ ਹਵਾਵਾਂ ਦੇ ਰੁਖ ਬਦਲਣ ਵਿਚ ਅਤੇ ਉਹਨਾਂ ਬੱਦਲਾਂ ਵਿਚ ਜਿਹੜੇ ਅਕਾਸ਼ ਤੇ ਧਰਤੀ ਵਿਚਾਲੇ ਰੱਬੀ ਹੁਕਮ ਦੇ ਪਾਬੰਦ ਹਨ ਇਹਨਾਂ ਸਾਰਿਆਂ ਵਿਚ (ਅੱਲਾਹ ਦੀ ਹੋਂਦ ਦੀਆਂ) ਬੁੱਧੀਜੀਵੀਆਂ ਲਈ ਨਿਸ਼ਾਨੀਆਂ ਹਨ।

165. ਅਤੇ ਕੁੱਝ ਲੋਕ ਉਹ ਵੀ ਹਨ ਜਿਹੜੇ ਅੱਲਾਹ ਨੂੰ ਛੱਡ ਕੇ ਦੂਜਿਆਂ ਨੂੰ (ਰੱਬ ਦਾ) ਸ਼ਰੀਕ ਬਣਾਉਂਦੇ ਹਨ। ਉਹ ਉਹਨਾਂ ਨਾਲ ਇੰਜ ਮੁਹੱਬਤ ਕਰਦੇ ਹਨ ਜਿਵੇਂ ਅੱਲਾਹ ਨਾਲ ਮੁਹੱਬਤ ਹੋਣੀ ਚਾਹੀਦੀ ਸੀ, ਜਦ ਕਿ ਈਮਾਨ ਵਾਲੇ ਸਭ ਤੋਂ ਵੱਧ ਅੱਲਾਹ ਨਾਲ ਮੁਹੱਬਤ ਕਰਦੇ ਹਨ। ਜਿਨ੍ਹਾਂ ਲੋਕਾਂ ਨੇ (ਰੱਬ ਦਾ ਸ਼ਰੀਕ ਬਣਾ ਕੇ) ਜ਼ੁਲਮ ਕਮਾਇਆ ਹੈ ਜਦੋਂ ਉਹ ਅਜ਼ਾਬ ਨੂੰ ਵੇਖਣਗੇ ਤਾਂ ਉਹ ਸਮਝ ਲੈਣਗੇ ਕਿ ਬੇਸ਼ੱਕ ਸਾਰੀਆਂ ਸ਼ਕਤੀਆਂ ਅੱਲਾਹ ਲਈ ਹੀ ਹਨ ਅਤੇ ਅੱਲਾਹ (ਕਿਆਮਤ ਦਿਹਾੜੇ 'ਤੇ) ਬਹੁਤ ਹੀ ਸਖ਼ਤ ਸਜ਼ਾ ਦੇਣ ਵਾਲਾ ਹੈ।

وَمِنَ النَّاسِ مَنْ يَتَّخِذُ مِنْ دُونِ اللَّهِ أَنْدَادًا
يُحِبُّونَهُمْ كَحُبِّ اللَّهِ ۖ وَالَّذِينَ آمَنُوا أَشَدُّ حُبًّا
لِلَّهِ ۗ وَلَوْ يَرَى الَّذِينَ ظَلَمُوا إِذْ يَرَوْنَ الْعَذَابَ
أَنَّ الْقُوَّةَ لِلَّهِ جَمِيعًا وَأَنَّ اللَّهَ شَدِيدُ
الْعَذَابِ (165)

166. (ਕਿਆਮਤ ਦਿਹਾੜੇ) ਉਹ ਲੋਕ ਜਿਨ੍ਹਾਂ ਦੀ (ਸੰਸਾਰ ਵਿਚ) ਪੈਰਵੀ ਕੀਤੀ ਗਈ ਸੀ ਆਪਣੇ ਪੈਰੋਕਾਰਾਂ ਤੋਂ ਰੁੱਖੇ ਹੋਣਗੇ ਜਦੋਂ ਉਹ ਲੋਕ ਅਜ਼ਾਬ ਵੇਖਣਗੇ ਤਾਂ ਉਹਨਾਂ ਦੇ ਸਾਰੇ ਆਪਸੀ ਸੰਬੰਧ ਟੁੱਟ ਜਾਣਗੇ।

إِذْ تَبَرَّأَ الَّذِينَ اتُّبِعُوا مِنَ الَّذِينَ اتَّبَعُوا وَرَأَوُا
الْعَذَابَ وَتَقَطَّعَتْ بِهِمُ الْأَسْبَابُ (166)

[1] ਹਜ਼ਰਤ ਇਬਨੇ ਮਸਊਦ (ਰਜ਼ਿ.) ਤੋਂ ਪਤਾ ਲੱਗਦਾ ਹੈ ਕਿ ਨਬੀ ਕਰੀਮ (ਸ.) ਨੇ ਇਕ ਗੱਲ ਕਹੀ ਅਤੇ ਮੈਂਨੇ ਦੂਜੀ ਗੱਲ ਕਹੀ। ਆਪ (ਸ.) ਨੇ ਇਰਸ਼ਾਦ ਫ਼ਰਮਾਇਆ ਕਿ ਜਿਹੜਾ ਵਿਅਕਤੀ ਇਸ ਹਾਲਤ ਵਿਚ ਮਰ ਗਿਆ ਕਿ ਉਹ ਕਿਸੇ ਹੋਰ ਨੂੰ ਅੱਲਾਹ ਦਾ ਸ਼ਰੀਕ ਸਮਝਦਾ ਸੀ ਤਾਂ ਉਹ ਨਰਕ ਵਿਚ ਜਾਵੇਗਾ ਅਤੇ ਮੈਂ ਭਾਵ ਅਬਦੁੱਲਾ ਬਿਨ ਮਸਊਦ ਇਸ ਹਦੀਸ ਦੀ ਵਿਆਖਿਆ ਵਿਚ ਇਹ ਕਹਿੰਦਾ ਹਾਂ ਕਿ ਜਿਹੜਾ ਵਿਅਕਤੀ ਇਸ ਹਾਲ ਵਿਚ ਹੀ ਮਰ ਗਿਆ ਕਿ ਉਸ ਨੇ ਅੱਲਾਹ ਦੇ ਨਾਲ ਕਿਸੇ ਹੋਰ ਨੂੰ ਸ਼ਰੀਕ ਨਹੀਂ ਬਣਾਇਆ ਉਹ ਜੰਨਤ ਵਿਚ ਜਾਵੇਗਾ। (ਸਹੀ ਬੁਖ਼ਾਰੀ, ਹਦੀਸ: 4497)

167. ਅਤੇ ਜਿਨ੍ਹਾਂ ਲੋਕਾਂ ਨੇ (ਝੂਠੇ ਲੋਕਾਂ ਦੀ) ਪੈਰਵੀ ਕੀਤੀ ਸੀ ਉਹ (ਕਿਆਮਤ ਦਿਹਾੜੇ) ਆਖਣਗੇ ਕਿ ਕਾਸ਼ ਸਾਡੀ ਇਕ ਵਾਰ ਮੁੜ ਸੰਸਾਰ ਵਿਚ ਵਾਪਸੀ ਹੋ ਜਾਵੇ ਫਿਰ ਅਸੀਂ ਵੀ ਇਹਨਾਂ ਲੋਕਾਂ ਨਾਲ ਕੋਈ ਸੰਬੰਧ ਨਹੀਂ ਰੱਖਾਂਗੇ ਜਿਵੇਂ ਅੱਜ ਉਹ ਸਾਡੇ ਨਾਲ ਸਬੰਧਾਂ ਤੋਂ ਮੂੰਹ ਮੋੜ ਰਹੇ ਹਨ। ਅੱਲਾਹ ਉਹਨਾਂ ਦੀਆਂ ਕਰਤੂਤਾਂ ਨੂੰ ਅਸਫ਼ਲ ਇੱਛਾਵਾਂ ਦੇ ਰੂਪ ਵਿਚ ਉਹਨਾਂ ਸਾਹਮਣੇ ਪੇਸ਼ ਕਰੇਗਾ ਅਤੇ ਉਹ ਅੱਗ ਦੀ ਸਜ਼ਾ ਤੋਂ ਨਿਕਲਣ ਵਾਲੇ ਨਹੀਂ ਹੋਣਗੇ।

وَقَالَ الَّذِينَ اتَّبَعُوا لَوْ أَنَّ لَنَا كَرَّةً فَنَتَبَرَّأَ مِنْهُمْ كَمَا تَبَرَّءُوا مِنَّا ۗ كَذَٰلِكَ يُرِيهِمُ اللَّهُ أَعْمَالَهُمْ حَسَرَاتٍ عَلَيْهِمْ ۖ وَمَا هُمْ بِخَارِجِينَ مِنَ النَّارِ ﴿١٦٧﴾

168. ਹੇ ਲੋਕੋ! ਤੁਸੀਂ ਉਹਨਾਂ ਚੀਜ਼ਾਂ ਨੂੰ ਖਾਉ ਜਿਹੜੀਆਂ ਧਰਤੀ ਵਿਚ ਹਲਾਲ ਅਤੇ ਪਾਕ ਚੀਜ਼ਾਂ ਹਨ ਅਤੇ ਸ਼ੈਤਾਨ ਦੇ ਪਿੱਛੇ ਨਾ ਲੱਗੋ, ਬੇਸ਼ੱਕ ਉਹ ਤੁਹਾਡਾ ਖੁੱਲ੍ਹਾ ਦੁਸ਼ਮਨ ਹੈ।

يَا أَيُّهَا النَّاسُ كُلُوا مِمَّا فِي الْأَرْضِ حَلَالًا طَيِّبًا وَلَا تَتَّبِعُوا خُطُوَاتِ الشَّيْطَانِ ۚ إِنَّهُ لَكُمْ عَدُوٌّ مُبِينٌ ﴿١٦٨﴾

169. ਉਹ ਤਾਂ ਤੁਹਾਨੂੰ ਬਦੀ ਤੇ ਅਸ਼ਲੀਲਤਾ ਦਾ ਹੁਕਮ ਦਿੰਦਾ ਹੈ ਅਤੇ ਇਹ ਵੀ ਕਹਿੰਦਾ ਹੈ ਕਿ ਤੁਸੀਂ ਅੱਲਾਹ ਦੇ ਨਾਂ 'ਤੇ ਉਹ ਗੱਲਾਂ ਕਹੋ ਜਿਨ੍ਹਾਂ ਨੂੰ ਤੁਸੀਂ ਜਾਣਦੇ ਵੀ ਨਹੀਂ।

إِنَّمَا يَأْمُرُكُمْ بِالسُّوءِ وَالْفَحْشَاءِ وَأَنْ تَقُولُوا عَلَى اللَّهِ مَا لَا تَعْلَمُونَ ﴿١٦٩﴾

170. ਜਦੋਂ ਉਹਨਾਂ (ਸ਼ੈਤਾਨ ਦੇ ਚੇਲਿਆਂ) ਨੂੰ ਕਿਹਾ ਕਿ ਤੁਸੀਂ ਇਸ (ਕੁਰਆਨ) ਦੀ ਪੈਰਵੀ ਕਰੋ ਜਿਹੜਾ ਅੱਲਾਹ ਵੱਲੋਂ (ਤੁਹਾਡੀ ਹਿਦਾਇਤ ਲਈ) ਉਤਾਰਿਆ ਗਿਆ ਹੈ ਤਾਂ ਕਹਿੰਦੇ ਹਨ ਕਿ (ਨਹੀਂ) ਅਸੀਂ ਤਾਂ ਉਸੇ ਰਾਹ ਤੁਰਾਂਗੇ ਜਿਸ 'ਤੇ ਅਸੀਂ ਆਪਣੇ ਪਿਓ ਦਾਦਿਆਂ ਨੂੰ ਤੁਰਦਿਆਂ ਵੇਖਿਆ ਹੈ। ਕੀ ਉਹ ਵੀ ਉਹੀਓ ਕਰਨਗੇ? ਜਦ ਕਿ ਉਹਨਾਂ ਦੇ ਬਾਪ ਦਾਦਾ ਕੁੱਝ ਵੀ ਸਮਝ ਨਹੀਂ ਸੀ (ਰੱਖਦੇ) ਅਤੇ ਨਾ ਹੀ ਉਹ ਸਿੱਧੀ ਰਾਹ 'ਤੇ ਸਨ

وَإِذَا قِيلَ لَهُمُ اتَّبِعُوا مَا أَنْزَلَ اللَّهُ قَالُوا بَلْ نَتَّبِعُ مَا أَلْفَيْنَا عَلَيْهِ آبَاءَنَا ۗ أَوَلَوْ كَانَ آبَاؤُهُمْ لَا يَعْقِلُونَ شَيْئًا وَلَا يَهْتَدُونَ ﴿١٧٠﴾

171. ਅਤੇ ਜਿਨ੍ਹਾਂ ਲੋਕਾਂ ਨੇ ਕੁਫ਼ਰ ਕੀਤਾ ਹੈ ਉਹਨਾਂ ਦੀ ਉਦਾਹਰਨ ਤਾਂ ਉਸ ਵਿਅਕਤੀ ਵਾਂਗ ਹੈ ਜਿਹੜਾ ਉਸ (ਜਾਨਵਰ) ਨੂੰ ਪੁਕਾਰਦਾ ਹੈ ਜੋ (ਆਪਣੇ ਮਾਲਿਕ ਦੀ) ਪੁਕਾਰ ਤੋਂ ਛੁੱਟ ਹੋਰ ਕੁੱਝ ਵੀ ਨਹੀਂ ਸੁਣਦਾ। ਇਹ ਬੋਲੇ, ਗੁੰਗੇ ਅਤੇ ਅੰਨ੍ਹੇ ਹਨ ਇਹ (ਕੁੱਝ ਵੀ) ਅਕਲ ਨਹੀਂ ਰੱਖਦੇ।

وَمَثَلُ الَّذِينَ كَفَرُوا كَمَثَلِ الَّذِي يَنْعِقُ بِمَا
لَا يَسْمَعُ إِلَّا دُعَاءً وَنِدَاءً ۚ صُمٌّ بُكْمٌ عُمْيٌ
فَهُمْ لَا يَعْقِلُونَ ﴿١٧١﴾

172. ਹੇ ਈਮਾਨ ਵਾਲਿਓ! ਤੁਸੀਂ ਉਹਨਾਂ ਪਾਕ ਚੀਜ਼ਾਂ ਨੂੰ ਹੀ ਖਾਓ ਜਿਹੜੀਆਂ ਅਸੀਂ ਤੁਹਾਨੂੰ ਖਾਣ ਲਈ ਬਖ਼ਸ਼ੀਆਂ ਹਨ (ਇਹਨਾਂ ਚੀਜ਼ਾਂ ਲਈ) ਅੱਲਾਹ ਦਾ ਧੰਨਵਾਦ ਕਰੋ ਜੇ ਤੁਸੀਂ ਉਸੇ ਦੀ ਬੰਦਗੀ ਕਰਦੇ ਹੋ।

يَا أَيُّهَا الَّذِينَ آمَنُوا كُلُوا مِنْ طَيِّبَاتِ مَا رَزَقْنَاكُمْ
وَاشْكُرُوا لِلَّهِ إِنْ كُنْتُمْ إِيَّاهُ تَعْبُدُونَ ﴿١٧٢﴾

173. ਅੱਲਾਹ ਨੇ ਤੁਹਾਡੇ ਲਈ ਖ਼ੂਨ, ਮੁਰਦਾਰ, ਸੂਰ ਦਾ ਮਾਸ ਅਤੇ ਉਹ ਸਾਰੀਆਂ ਚੀਜ਼ਾਂ ਹਰਾਮ (ਖਾਣ ਤੋਂ ਮਨ੍ਹਾ) ਕੀਤੀਆਂ ਹਨ ਅਤੇ (ਉਹ ਵੀ) ਜਿਨ੍ਹਾਂ ਤੇ ਅੱਲਾਹ ਤੋਂ ਛੁੱਟ ਕਿਸੇ ਹੋਰ (ਦੇਵੀ ਦੇਵਤਾ ਜਾਂ ਨਬੀ, ਬੁਜ਼ਰਗ ਆਦਿ) ਦਾ ਨਾਂ ਲਿਆ ਗਿਆ ਹੋਵੇ। ਪਰ ਜਿਹੜਾ ਵਿਅਕਤੀ (ਭੁੱਖ ਤੋਂ) ਮਜਬੂਰ ਹੋ ਜਾਵੇ ਜਦੋਂ ਕਿ ਉਹ ਨਾ ਹੀ (ਰੱਬ ਦਾ) ਬਾਗ਼ੀ ਹੈ ਅਤੇ ਨਾ ਹੀ ਹੱਦੋਂ ਟੱਪਣ ਵਾਲਾ ਹੈ ਤਾਂ ਉਸ ਲਈ (ਹਰਾਮ ਖਾਣ ਵਿਚ) ਕੋਈ ਗੁਨਾਹ ਨਹੀਂ। ਬੇਸ਼ੱਕ ਅੱਲਾਹ ਬਹੁਤ ਹੀ ਬਖ਼ਸ਼ਣਹਾਰ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

إِنَّمَا حَرَّمَ عَلَيْكُمُ الْمَيْتَةَ وَالدَّمَ وَلَحْمَ
الْخِنْزِيرِ وَمَا أُهِلَّ بِهِ لِغَيْرِ اللَّهِ ۖ فَمَنِ
اضْطُرَّ غَيْرَ بَاغٍ وَلَا عَادٍ فَلَا إِثْمَ عَلَيْهِ ۚ
إِنَّ اللَّهَ غَفُورٌ رَحِيمٌ ﴿١٧٣﴾

---

* ਹਦੀਸ ਅਨੁਸਾਰ ਹਲਾਲ ਤੇ ਹਰਾਮ ਦੋਵੇਂ ਸਪਸ਼ਟ ਹਨ ਅਤੇ ਇਹਨਾਂ ਦੋਵਾਂ ਦੇ ਵਿਚਕਾਰ ਕੁੱਝ ਚੀਜ਼ਾਂ ਸ਼ੱਕ ਵਿਚ ਪਾਉਣ ਵਾਲੀਆਂ ਹਨ ਜਿਨ੍ਹਾਂ ਨੂੰ ਕਿੰਨੇ ਹੀ ਲੋਕ ਨਹੀਂ ਜਾਣਦੇ। ਜੋ ਜਿਹੜਾ ਵਿਅਕਤੀ ਸ਼ੱਕੀ ਚੀਜ਼ਾਂ ਖਾਣ ਤੋਂ ਬਚ ਗਿਆ ਉਸ ਨੇ ਆਪਣੇ ਦੀਨ ਅਤੇ ਆਪਣੀ ਇੱਜ਼ਤ ਨੂੰ ਬਚਾ ਲਿਆ, ਜਿਹੜਾ ਨਾ ਬਚਿਆ ਤਾਂ ਉਹ ਉਸ ਚਰਵਾਹੇ ਵਾਂਗ ਹੈ ਜਿਸ ਨੇ ਆਪਣੇ ਜਾਨਵਰਾਂ ਨੂੰ ਉਸ ਚਰਾਗਾਹ ਵਿਚ ਚਰਨ ਲਈ ਛੱਡ ਦਿੱਤਾ ਜਿਹੜੀ ਕਿਸੇ ਹੋਰ ਦੀ ਹੈ। ਖ਼ਬਰਦਾਰ ਹਰ ਬਾਦਸ਼ਾਹ ਦਾ ਇਕ ਉਹ ਇਲਾਕਾ ਹੁੰਦਾ ਹੈ ਜਿੱਥੇ ਕੋਈ ਵੀ ਨਹੀਂ ਜਾ ਸਕਦਾ ਤਾਂ ਜਾਣ ਲਓ ਕਿ ਅੱਲਾਹ ਦੀ ਉਹ ਨਾ ਜਾਣ ਵਾਲੀ ਥਾਂ ਉਸ ਦੀਆਂ ਹਰਾਮ ਕੀਤੀਆਂ ਹੋਈਆਂ ਚੀਜ਼ਾਂ ਹਨ ਅਤੇ ਜਾਣ ਲਵੋ ਕਿ ਸਰੀਰ ਵਿਚ ਗੋਸ਼ਤ ਦਾ ਇਕ ਟੁਕੜਾ ਹੈ ਜੇ ਉਹ ਠੀਕ ਹੋ ਜਾਵੇ ਤਾਂ ਸਰੀਰ ਠੀਕ ਹੋ ਜੇ ਉਹ ਵਿਗੜ ਜਾਵੇ ਤਾਂ ਸਰੀਰ ਵਿਗੜ ਜਾਂਦਾ ਹੈ ਅਤੇ ਉਹ ਟੁਕੜਾ ਮਨੁੱਖ ਦਾ ਦਿਲ ਹੈ। (ਸਹੀ ਬੁਖ਼ਾਰੀ, ਹਦੀਸ: 52)

174. ਬੇਸ਼ੱਕ ਜਿਹੜੇ ਲੋਕ ਅੱਲਾਹ ਵੱਲੋਂ ਉਤਾਰੀ ਗਈ ਕਿਤਾਬ (ਕੁਰਆਨ) ਦੀਆਂ ਕੁੱਝ ਗੱਲਾਂ (ਹੁਕਮਾਂ) ਨੂੰ ਛੁਪਾਉਂਦੇ ਹਨ ਅਤੇ ਥੋੜ੍ਹੇ ਜਿਹੇ (ਸੰਸਾਰਿਕ) ਲਾਭ ਲਈ ਵੇਚ ਸੁਟਦੇ ਹਨ, ਉਹ ਆਪਣੇ ਢਿੱਡਾਂ ਵਿਚ ਅੱਗ ਤੋਂ ਛੁੱਟ ਹੋਰ ਕੁੱਝ ਨਹੀਂ ਭਰਦੇ। ਕਿਆਮਤ ਦਿਹਾੜੇ ਅੱਲਾਹ ਉਹਨਾਂ ਨਾਲ ਗੱਲ ਵੀ ਨਹੀਂ ਕਰੇਗਾ ਅਤੇ ਨਾ ਹੀ ਉਹਨਾਂ ਨੂੰ (ਗੁਨਾਹਾਂ ਤੋਂ) ਪਾਕ ਕਰੇਗਾ। ਉਹਨਾਂ ਲਈ ਤਾਂ ਬਹੁਤ ਹੀ ਦਰਦ ਭਰਿਆ ਅਜ਼ਾਬ ਹੈ।

إِنَّ الَّذِينَ يَكْتُمُونَ مَا أَنزَلَ اللَّهُ مِنَ الْكِتَابِ
وَيَشْتَرُونَ بِهِ ثَمَنًا قَلِيلًا أُولَٰئِكَ مَا يَأْكُلُونَ
فِي بُطُونِهِمْ إِلَّا النَّارَ وَلَا يُكَلِّمُهُمُ اللَّهُ يَوْمَ
الْقِيَامَةِ وَلَا يُزَكِّيهِمْ وَلَهُمْ عَذَابٌ أَلِيمٌ ﴿١٧٤﴾

175 ਇਹ ਤਾਂ ਉਹ ਲੋਕ ਹਨ ਜਿਨ੍ਹਾਂ ਨੇ ਹਿਦਾਇਤ ਦੇ ਬਦਲੇ ਗੁਮਰਾਹੀ ਅਤੇ ਬਖ਼ਸ਼ਿਸ਼ ਦੇ ਬਦਲੇ ਅਜ਼ਾਬ ਖ਼ਰੀਦ ਲਿਆ ਹੈ। ਇਹ ਲੋਕ ਅੱਗ (ਦੀ ਸਜ਼ਾ) ਨੂੰ ਕਿੰਨਾ ਸਹਿਣ ਕਰਨ ਵਾਲੇ ਹਨ?

أُولَٰئِكَ الَّذِينَ اشْتَرَوُا الضَّلَالَةَ بِالْهُدَىٰ وَالْعَذَابَ
بِالْمَغْفِرَةِ فَمَا أَصْبَرَهُمْ عَلَى النَّارِ ﴿١٧٥﴾

176 ਇਹ ਸਭ ਇਸ ਲਈ ਹੈ ਕਿ ਅੱਲਾਹ ਨੇ ਤਾਂ ਹੱਕ ਸੱਚ ਦੇ ਨਾਲ ਹੀ ਇਹ ਕਿਤਾਬ (ਕੁਰਆਨ) ਉਤਾਰੀ ਹੈ ਪਰ ਜਿਨ੍ਹਾਂ ਲੋਕਾਂ ਨੇ ਇਸ ਕਿਤਾਬ ਵਿਚ ਮਤਭੇਦ ਕੀਤੇ, ਉਹ ਵਿਰੋਧ ਕਰਦੇ ਹੋਏ (ਸੱਚਾਈ ਤੋਂ) ਬਹੁਤ ਦੂਰ ਨਿਕਲ ਗਏ।

ذَٰلِكَ بِأَنَّ اللَّهَ نَزَّلَ الْكِتَابَ بِالْحَقِّ وَإِنَّ الَّذِينَ
اخْتَلَفُوا فِي الْكِتَابِ لَفِي شِقَاقٍ بَعِيدٍ ﴿١٧٦﴾

177 ਨੇਕੀ ਇਹ ਨਹੀਂ ਕਿ ਤੁਸੀਂ ਆਪਣਾ ਮੂੰਹ ਪੂਰਬ ਜਾਂ ਪੱਛਮ ਵੱਲ ਕਰ ਲਓ ਅਸਲ ਵਿਚ ਨੇਕੀ ਤਾਂ ਉਸ ਵਿਅਕਤੀ ਦੀ ਹੈ ਜਿਹੜਾ ਅੱਲਾਹ, ਆਖ਼ਿਰਤ ਦੇ ਦਿਨ, ਫ਼ਰਿਸ਼ਤਿਆਂ, (ਅਕਾਸ਼ੀ) ਕਿਤਾਬਾਂ ਅਤੇ ਨਬੀਆਂ 'ਤੇ ਈਮਾਨ ਲਿਆਵੇ ਅਤੇ ਮਾਲ ਦੀ ਮੁਹੱਬਤ ਰੱਖਦੇ ਹੋਏ ਵੀ ਉਸ ਨੂੰ ਰਿਸ਼ਤੇਦਾਰਾਂ, ਯਤੀਮਾਂ, ਮਸਕੀਨਾਂ, ਮੁਸਾਫ਼ਿਰਾਂ, ਮੰਗਣ ਵਾਲਿਆਂ ਅਤੇ ਗ਼ੁਲਾਮਾਂ ਨੂੰ ਅਜ਼ਾਦ ਕਰਵਾਉਣ ਲਈ ਖ਼ਰਚ ਕਰੇ ਅਤੇ ਨਮਾਜ਼

لَيْسَ الْبِرَّ أَن تُوَلُّوا وُجُوهَكُمْ قِبَلَ الْمَشْرِقِ
وَالْمَغْرِبِ وَلَٰكِنَّ الْبِرَّ مَنْ آمَنَ بِاللَّهِ وَالْيَوْمِ الْآخِرِ
وَالْمَلَائِكَةِ وَالْكِتَابِ وَالنَّبِيِّينَ وَآتَى الْمَالَ عَلَىٰ حُبِّهِ
ذَوِي الْقُرْبَىٰ وَالْيَتَامَىٰ وَالْمَسَاكِينَ وَابْنَ السَّبِيلِ
وَالسَّائِلِينَ وَفِي الرِّقَابِ وَأَقَامَ الصَّلَاةَ وَ
آتَى الزَّكَاةَ وَالْمُوفُونَ بِعَهْدِهِمْ إِذَا عَاهَدُوا
وَالصَّابِرِينَ فِي الْبَأْسَاءِ وَالضَّرَّاءِ وَحِينَ الْبَأْسِ
أُولَٰئِكَ الَّذِينَ صَدَقُوا وَأُولَٰئِكَ هُمُ الْمُتَّقُونَ ﴿١٧٧﴾

ਕਾਇਮ ਕਰੇ, ਜ਼ਕਾਤ ਅਦਾ ਕਰੇ, ਜਦੋਂ ਕੋਈ ਵਾਅਦਾ ਕਰੇ ਤਾਂ ਪੂਰਾ ਕਰੇ, ਤੰਗੀ ਅਤੇ ਤਕਲੀਫ਼ ਵਿਚ ਅਤੇ ਲੜਾਈ ਦੇ ਸਮੇਂ ਸਬਰ ਤੋਂ ਕੰਮ ਲਵੇ, ਇਹੋ ਲੋਕ ਸੱਚੇ ਹਨ ਅਤੇ ਇਹੋ ਬੁਰਾਈ ਤੋਂ ਬਚਣ ਵਾਲੇ ਹਨ।

يَٰٓأَيُّهَا ٱلَّذِينَ ءَامَنُوا۟ كُتِبَ عَلَيْكُمُ ٱلْقِصَاصُ فِى
ٱلْقَتْلَى ۖ ٱلْحُرُّ بِٱلْحُرِّ وَٱلْعَبْدُ بِٱلْعَبْدِ وَٱلْأُنثَىٰ
بِٱلْأُنثَىٰ ۚ فَمَنْ عُفِىَ لَهُۥ مِنْ أَخِيهِ شَىْءٌ فَٱتِّبَاعٌۢ
بِٱلْمَعْرُوفِ وَأَدَآءٌ إِلَيْهِ بِإِحْسَٰنٍ ۗ ذَٰلِكَ تَخْفِيفٌ
مِّن رَّبِّكُمْ وَرَحْمَةٌ ۗ فَمَنِ ٱعْتَدَىٰ بَعْدَ ذَٰلِكَ
فَلَهُۥ عَذَابٌ أَلِيمٌ ١٧٨

178 ਹੇ ਈਮਾਨ ਵਾਲਿਓ! ਤੁਹਾਡੇ ਲਈ ਕਸਾਸ (ਬਰਾਬਰ ਦਾ ਬਦਲਾ ਲੈਣਾ) ਫ਼ਰਜ਼ ਕੀਤਾ ਗਿਆ ਹੈ। ਆਜ਼ਾਦ ਵਿਅਕਤੀ ਦੇ ਕਤਲ ਦਾ ਬਦਲਾ ਉਸੇ ਆਜ਼ਾਦ ਵਿਅਕਤੀ ਦਾ, ਗ਼ੁਲਾਮ ਦੇ ਬਦਲੇ ਵਿਚ ਉਸੇ ਗ਼ੁਲਾਮ ਦਾ ਔਰਤ ਦੇ ਬਦਲੇ ਵਿਚ ਉਸੇ ਔਰਤ ਦਾ ਕਤਲ ਹੈ। ਫਿਰ ਜੇ (ਕਾਤਲ ਨੂੰ) ਮਕਤੂਲ ਦਾ ਭਰਾ ਬਦਲਾ ਲੈਣ ਵਿਚ ਨਰਮੀ ਵਰਤਦਾ ਹੋਇਆ ਮੁਆਫ਼ ਕਰ ਦੇਵੇ ਅਤੇ ਤਰੀਕੇ ਅਨੁਸਾਰ ਦੈਤ (ਭਾਵ ਪੈਸੇ) ਦੀ ਮੰਗ ਹੋਵੇ ਤਾਂ ਉਸ ਦੀ ਅਦਾਇਗੀ ਵੀ ਸੋਹਣੇ ਤਰੀਕੇ ਨਾਲ ਕੀਤੀ ਜਾਵੇ। ਇਹ ਤੁਹਾਡੇ ਰੱਬ ਵੱਲੋਂ ਛੂਟ ਹੈ ਅਤੇ ਅਹਿਸਾਨ ਵੀ ਹੈ। ਫਿਰ ਵੀ ਜੇ ਕੋਈ ਵਿਅਕਤੀ ਧੱਕਾ ਕਰਦਾ ਹੈ ਤਾਂ ਉਸ ਲਈ ਦਰਦਨਾਕ ਅਜ਼ਾਬ ਹੈ।

وَلَكُمْ فِى ٱلْقِصَاصِ حَيَوٰةٌ يَٰٓأُو۟لِى ٱلْأَلْبَٰبِ
لَعَلَّكُمْ تَتَّقُونَ ١٧٩

179. ਹੇ ਅਕਲ ਵਾਲਿਓ! ਕਸਾਸ (ਬਦਲਾ) ਲੈਣ ਵਿਚ ਤੁਹਾਡਾ (ਸਮਾਜਿਕ) ਜੀਵਨ (ਸੁਰੱਖਿਅਤ) ਹੈ ਤਾਂ ਜੋ ਤੁਸੀਂ (ਵਧੀਕੀਆਂ ਤੋਂ) ਬਚੇ ਰਹੋ।

كُتِبَ عَلَيْكُمْ إِذَا حَضَرَ أَحَدَكُمُ ٱلْمَوْتُ إِن تَرَكَ
خَيْرًا ٱلْوَصِيَّةُ لِلْوَٰلِدَيْنِ وَٱلْأَقْرَبِينَ
بِٱلْمَعْرُوفِ ۖ حَقًّا عَلَى ٱلْمُتَّقِينَ ١٨٠

180. ਤੁਹਾਡੇ ਲਈ ਇਹ ਫ਼ਰਜ਼ ਕਰ ਦਿੱਤਾ ਗਿਆ ਹੈ ਕਿ ਜਦੋਂ ਤੁਹਾਡੇ ਵਿੱਚੋਂ ਕਿਸੇ ਦੀ ਮੌਤ (ਦਾ ਵੇਲਾ) ਆਵੇ ਜੇ ਉਹ ਮਾਲ (ਧਨ ਸੰਪਤੀ ਆਦਿ) ਛੱਡ ਕੇ (ਸੰਸਾਰ ਤੋਂ) ਜਾ ਰਿਹਾ ਹੈ ਤਾਂ ਮਾਪਿਆਂ ਅਤੇ ਸਾਕ-ਸੰਬੰਧੀਆਂ ਲਈ ਇਨਸਾਫ਼ ਨਾਲ ਵਸੀਅਤ ਕਰੇ। ਰੱਬ ਤੋਂ ਡਰਨ ਵਾਲਿਆਂ ਲਈ (ਇੰਜ ਕਰਨਾ) ਹੋਰ ਵੀ ਜ਼ਰੂਰੀ ਹੈ।

181 ਫਿਰ ਜਿਹੜਾ ਕੋਈ ਇਸ (ਵਸੀਅਤ) ਨੂੰ ਸੁਣਨ ਤੋਂ ਬਾਅਦ ਵੀ ਕੋਈ ਬਦਲਾਓ ਕਰਦਾ ਹੈ ਤਾਂ ਇਸ ਦਾ ਦੋਸ਼ ਉਹਨਾਂ ਲੋਕਾਂ 'ਤੇ ਹੀ ਹੋਵੇਗਾ ਜਿਹੜੇ ਉਸ ਨੂੰ ਬਦਲਣਗੇ। ਬੇਸ਼ੱਕ ਅੱਲਾਹ ਸਭ ਕੁੱਝ ਸੁਣਨ ਵਾਲਾ ਅਤੇ ਜਾਣਨ ਵਾਲਾ ਹੈ।

فَمَنْ بَدَّلَهُ بَعْدَمَا سَمِعَهُ فَإِنَّمَا إِثْمُهُ عَلَى
الَّذِينَ يُبَدِّلُونَهُ إِنَّ اللَّهَ سَمِيعٌ عَلِيمٌ ﴿١٨١﴾

182. ਫਿਰ ਜੇ ਕਿਸੇ ਵਸੀਅਤ ਨੂੰ ਕਰਨ ਵਾਲੇ ਵੱਲੋਂ ਕਿਸੇ ਦਾ ਹੱਕ ਮਾਰਨ ਜਾਂ ਕਿਸੇ ਗੁਨਾਹ ਹੋਣ ਦਾ ਡਰ ਹੋਵੇ ਅਤੇ ਉਹ (ਹੱਕਦਾਰਾਂ ਵਿਚਾਲੇ) ਸਮਝੌਤਾ ਕਰਾ ਦੇਵੇ ਤਾਂ ਇਸ ਵਿਚ ਕੋਈ ਹਰਜ ਨਹੀਂ। ਬੇਸ਼ੱਕ ਅੱਲਾਹ (ਭੁੱਲਾਂ ਨੂੰ) ਬਖ਼ਸ਼ਣ ਵਾਲਾ ਅਤੇ ਅਤਿ ਰਹਿਮ ਕਰਨ ਵਾਲਾ ਹੈ।

فَمَنْ خَافَ مِن مُّوصٍ جَنَفًا أَوْ إِثْمًا فَأَصْلَحَ
بَيْنَهُمْ فَلَا إِثْمَ عَلَيْهِ إِنَّ اللَّهَ غَفُورٌ رَّحِيمٌ ﴿١٨٢﴾

183. ਹੇ ਲੋਕੋ ਜਿਹੜੇ ਈਮਾਨ ਲਿਆਏ ਹੋ ਤੁਹਾਡੇ 'ਤੇ ਸੌਮ[1] (ਰੋਜ਼ੇ ਰਖਣਾ) ਉਸੇ ਤਰ੍ਹਾਂ ਫ਼ਰਜ਼ ਕੀਤੇ ਗਏ ਹਨ ਜਿਵੇਂ ਉਹਨਾਂ ਲੋਕਾਂ ਉੱਤੇ ਫ਼ਰਜ਼ ਕੀਤੇ ਗਏ ਸੀ ਜਿਹੜੇ ਤੁਹਾਥੋਂ ਪਹਿਲਾਂ (ਨਬੀਆਂ ਦੇ ਪੈਰੋਕਾਰ) ਗੁਜ਼ਰ ਚੁੱਕੇ ਹਨ ਤਾਂ ਜੋ ਤੁਸੀਂ ਰੱਬ ਤੋਂ ਡਰਨ ਵਾਲੇ ਬਣ ਜਾਵੋ।

يَا أَيُّهَا الَّذِينَ آمَنُوا كُتِبَ عَلَيْكُمُ الصِّيَامُ كَمَا كُتِبَ
عَلَى الَّذِينَ مِن قَبْلِكُمْ لَعَلَّكُمْ تَتَّقُونَ ﴿١٨٣﴾

184. ਇਹ (ਰੋਜ਼ੇ) ਗਿਣਤੀ ਦੇ ਕੁੱਝ ਦਿਨਾਂ ਲਈ ਹਨ। ਜੇ ਤੁਹਾਡੇ ਵਿੱਚੋਂ ਕੋਈ ਬੀਮਾਰ ਹੋਵੇ ਜਾਂ ਸਫ਼ਰ 'ਤੇ ਹੋਵੇ ਤਾਂ ਉਹ (ਛੱਡੇ ਹੋਏ) ਰੋਜ਼ਿਆਂ ਦੀ ਗਿਣਤੀ ਨੂੰ ਦੂਜੇ ਦਿਨਾਂ ਵਿਚ ਪੂਰੀ ਕਰ ਲਵੇ ਜੋ ਕੋਈ ਰੋਜ਼ੇ ਰੱਖਣ ਦੀ ਤਾਕਤ ਰੱਖਦਾ ਹੋਵੇ (ਫਿਰ ਵੀ ਰੋਜ਼ਾ ਨਾ ਰੱਖੇ) ਤਾਂ ਫ਼ਿਦਿਯਾ[2] ਅਦਾ ਕਰੇ (ਭਾਵ ਬਦਲੇ ਵਿਚ ਇਕ ਮੁਥਾਜ ਨੂੰ ਭੋਜਨ

أَيَّامًا مَّعْدُودَاتٍ فَمَن كَانَ مِنكُم مَّرِيضًا أَوْ
عَلَى سَفَرٍ فَعِدَّةٌ مِّنْ أَيَّامٍ أُخَرَ وَعَلَى الَّذِينَ
يُطِيقُونَهُ فِدْيَةٌ طَعَامُ مِسْكِينٍ فَمَن تَطَوَّعَ
خَيْرًا فَهُوَ خَيْرٌ لَّهُ وَأَن تَصُومُوا خَيْرٌ لَّكُمْ
إِن كُنتُمْ تَعْلَمُونَ ﴿١٨٤﴾

---

1 "ਸੌਮ" ਦਾ ਅਰਥ ਹੈ ਰੁਕਣਾ। ਸ਼ਰੀਅਤ ਅਨੁਸਾਰ ਇਸ ਦਾ ਅਰਥ ਪਹੁ ਫੁਟਨ ਤੋਂ ਲੈਕੇ ਸੂਰਜ ਡੁੱਬਣ ਤਕ ਖਾਣ ਪੀਣ ਅਤੇ ਸੰਭੋਗ ਤੋਂ ਰੁਕੇ ਰਹਿਣਾ ਹੈ। ਇਸ ਨੂੰ ਹੀ ਰੋਜ਼ਾ ਕਿਹਾ ਜਾਂਦਾ ਹੈ।

2 ਇਹ ਹੁਕਮ ਇਸ ਤੋਂ ਅਗਲੀ ਆਇਤ 185 ਰਾਹੀਂ ਰੱਦ ਕਰ ਦਿੱਤਾ ਗਿਆ।

ਕਰਵਾਉਣਾ ਹੈ) ਜੇ ਕੋਈ ਆਪਣੀ ਖ਼ੁਸ਼ੀ ਨਾਲ (ਵੱਧ) ਨੇਕੀ ਕਰੇ ਤਾਂ ਇਹ ਉਸ ਲਈ ਵਧੀਆ ਹੈ. ਜੇ ਤੁਸੀਂ ਸੱਚ ਜਾਣੋ ਤਾਂ ਰੋਜ਼ਾ ਰੱਖਣਾ ਤੁਹਾਡੇ ਲਈ ਵਧੇਰੇ ਵਧੀਆ ਹੈ।

185. ਰਮਜ਼ਾਨ ਉਹ ਮਹੀਨਾ ਹੈ ਜਿਸ ਵਿਚ ਕ਼ੁਰਆਨ ਨਾਜ਼ਿਲ ਕੀਤਾ ਗਿਆ ਜਿਹੜਾ ਲੋਕਾਂ ਲਈ ਹਿਦਾਇਤ ਹੈ ਅਤੇ ਇਸ ਵਿਚ ਸਪਸ਼ਟ ਅਤੇ ਸੱਚ ਨੂੰ ਝੂਠ ਤੋਂ ਵੱਖ ਵੱਖ ਕਰਨ ਵਾਲੀਆਂ ਦਲੀਲਾਂ ਹਨ। ਜਿਹੜਾ ਵੀ ਤੁਹਾਡੇ ਵਿੱਚੋਂ ਇਸ ਮਹੀਨੇ ਨੂੰ ਪਾਵੇ ਤਾਂ ਉਸ ਨੂੰ ਇਸ ਮਹੀਨੇ ਦੇ ਰੋਜ਼ੇ ਰੱਖਣੇ ਚਾਹੀਦੇ ਹਨ।[1] ਜੇ ਕੋਈ ਬਿਮਾਰ ਹੋਵੇ ਜਾਂ

شَهْرُ رَمَضَانَ الَّذِيْٓ اُنْزِلَ فِيْهِ الْقُرْاٰنُ هُدًى
لِّلنَّاسِ وَبَيِّنٰتٍ مِّنَ الْهُدٰى وَالْفُرْقَانِ ۚ
فَمَنْ شَهِدَ مِنْكُمُ الشَّهْرَ فَلْيَصُمْهُ ۭ وَمَنْ كَانَ
مَرِيْضًا اَوْ عَلٰي سَفَرٍ فَعِدَّةٌ مِّنْ اَيَّامٍ اُخَرَ ۭ يُرِيْدُ
اللّٰهُ بِكُمُ الْيُسْرَ وَلَا يُرِيْدُ بِكُمُ الْعُسْرَ ۡ وَلِتُكْمِلُوا
الْعِدَّةَ وَلِتُكَبِّرُوا اللّٰهَ عَلٰي مَا هَدٰىكُمْ وَلَعَلَّكُمْ
تَشْكُرُوْنَ ١٨٥

[1] ਇਕ ਮੁਸਲਮਾਨ ਨੇ ਨਬੀ ਕਰੀਮ (ਸ.) ਤੋਂ ਪੁੱਛਿਆ ਕਿ ਹੇ ਅੱਲਾਹ ਦੇ ਰਸੂਲ ਮੈਨੂੰ ਦੱਸੋ ਕਿ ਮੇਰੇ ਲਈ ਕਿੰਨੀਆਂ ਨਮਾਜ਼ਾਂ ਪੜ੍ਹਣੀਆਂ ਫ਼ਰਜ਼ ਹਨ? ਆਪ (ਸ.) ਨੇ ਫ਼ਰਮਾਇਆ ਪੰਜ, ਜੇ ਇਸ ਤੋਂ ਵੱਧ ਪੜ੍ਹਣਾ ਚਾਹੇਂ ਤਾਂ ਤੇਰੀ ਮਰਜ਼ੀ। ਉਸ ਨੇ ਪੁੱਛਿਆ ਕਿ ਅੱਲਾਹ ਨੇ ਮੇਰੇ ਲਈ ਕਿੰਨੇ ਰੋਜ਼ੇ ਫ਼ਰਜ਼ ਕੀਤੇ ਹਨ, ਆਪ (ਸ.) ਨੇ ਫ਼ਰਮਾਇਆ ਕਿ ਪੂਰੇ ਰਮਜ਼ਾਨ ਮਹੀਨੇ ਦੇ ਜੇ ਤੂੰ ਨਫ਼ਲੀ ਰੋਜ਼ੇ ਰੱਖੇਂ ਤਾਂ ਤੇਰੀ ਮਰਜ਼ੀ ਹੈ ਉਸ ਨੇ ਫਿਰ ਪੁੱਛਿਆ ਕਿ ਮੇਰੇ 'ਤੇ ਜ਼ਕਾਤ ਕਿੰਨੀ ਫ਼ਰਜ਼ ਹੈ ਦੱਸਣ ਵਾਲੇ ਦਾ ਕਹਿਣਾ ਹੈ ਕਿ ਨਬੀ ਕਰੀਮ (ਸ.) ਨੇ ਉਸ ਨੂੰ ਇਸਲਾਮ ਦੇ ਅਸੂਲ ਦੱਸ ਦਿੱਤੇ ਤਾਂ ਉਸ ਵਿਅਕਤੀ ਨੇ ਆਖਿਆ, ਉਸੇ ਅੱਲਾਹ ਦੀ ਕਸਮ ਜਿਸ ਨੇ ਤੁਹਾਨੂੰ ਮਾਨ ਬਖ਼ਸ਼ਿਆ ਹੈ, ਨਾ ਤਾਂ ਮੈਂ ਕੋਈ ਵਾਧੂ (ਨਫ਼ਲੀ) ਇਬਾਦਤ ਕਰਾਂਗਾ ਅਤੇ ਨਾ ਹੀ ਫ਼ਰਜ਼ਾਂ ਵਿਚ ਕੋਈ ਕਟੌਤੀ ਕਰਾਂਗਾ ਇਹ ਸੁਣ ਕੇ ਨਬੀ ਕਰੀਮ (ਸ.) ਨੇ ਫ਼ਰਮਾਇਆ ਕਿ ਜੇ ਇਹ ਆਪਣੀ ਕਥਣੀ ਵਿਚ ਸੱਚਾ ਹੈ ਤਾਂ ਉਹ ਆਪਣੀ ਮੁਰਾਦ ਪਾ ਗਿਆ ਜਾਂ ਜੰਨਤ ਵਿਚ ਚਲਾ ਗਿਆ। (ਸਹੀ ਬੁਖ਼ਾਰੀ, ਹਦੀਸ: 1891)

◆ ਅੱਲਾਹ ਦੇ ਰਸੂਲ (ਸ.) ਨੇ ਫ਼ਰਮਾਇਆ ਕਿ ਰੋਜ਼ਾ ਢਾਲ ਹੈ, ਸੋ ਰੋਜ਼ੇਦਾਰ ਨੂੰ ਚਾਹੀਦਾ ਹੈ ਕਿ ਉਹ ਨਾ ਤਾਂ ਕੋਈ ਭੈੜੇ ਕੰਮ ਕਰੇ ਅਤੇ ਨਾ ਜਾਹਲਾਂ ਵਰਗੀਆਂ ਗੱਲਾਂ ਕਰੇ ਜੇ ਕੋਈ ਉਸ ਨਾਲ ਲੜਾਈ ਝਗੜਾ ਕਰੇ ਜਾਂ ਗਾਲ੍ਹਾਂ ਦੇਵੇ ਤਾਂ ਉਸ ਨੂੰ ਦੋ ਵਾਰ ਆਖੇ ਕਿ ਉਸ ਦਾ ਰੋਜ਼ਾ ਹੈ ਫਿਰ ਨਬੀ (ਸ.) ਨੇ ਫ਼ਰਮਾਇਆ ਕਿ ਕਸਮ ਹੈ ਉਸ ਹਸਤੀ ਦੀ ਜਿਸ ਦੇ ਹੱਥ ਵਿਚ ਮੇਰੀ ਜਾਨ ਹੈ ਰੋਜ਼ੇਦਾਰ ਦੇ ਮੂੰਹ ਦੀ ਗੰਧ ਅੱਲਾਹ ਦੀਆਂ ਨਜ਼ਰਾਂ ਵਿਚ ਮੁਸ਼ਕ ਦੀ ਖ਼ੁਸ਼ਬੂ ਤੋਂ ਵੀ ਵਧੀਆ ਹੈ ਕਿਉਂ ਜੋ ਉਹ ਮੇਰੇ ਲਈ ਆਪਣਾ ਖਾਣਾ ਪੀਣਾ ਛੱਡਦਾ ਹੈ ਆਪਣੀਆਂ ਇੱਛਾਵਾਂ ਨੂੰ ਮਾਰਦਾ ਹੈ, ਸੋ ਰੋਜ਼ਾ ਵਿਸ਼ੇਸ਼ ਕਰ ਮੇਰੇ ਹੀ ਲਈ ਹੈ ਅਤੇ ਮੈਂ ਹੀ ਇਸ ਦਾ ਬਦਲਾ ਦੇਵਾਂਗਾ ਅਤੇ ਇਕ ਨੇਕੀ ਦਾ ਬਦਲਾ ਦਸ ਗੁਣਾ ਸਵਾਬ ਹੈ। (ਸਹੀ ਬੁਖ਼ਾਰੀ, ਹਦੀਸ: 1894)

◆ ਜਿਹੜਾ ਵਿਅਕਤੀ ਰੋਜ਼ੇ ਦੀ ਹਾਲਤ ਵਿਚ ਵੀ ਝੂਠ ਬੋਲਣ ਤੋਂ ਨਹੀਂ ਰੁਕਦਾ ਤਾਂ ਅੱਲਾਹ ਨੂੰ ਉੱਕਾ ਹੀ ਲੋੜ ਨਹੀਂ ਕਿ ਉਹ ਖਾਣਾ ਪੀਣਾ ਛੱਡੇ ਭਾਵ ਉਸ ਦਾ ਰੋਜ਼ਾ ਕਬੂਲ ਨਹੀਂ ਕੀਤਾ ਜਾਵੇਗਾ। (ਸਹੀ ਬੁਖ਼ਾਰੀ, ਹਦੀਸ: 1903)

ਸਫ਼ਰ 'ਤੇ ਹੋਵੇ ਤਾਂ ਉਹ (ਛੱਡੇ ਹੋਏ ਰੋਜ਼ਿਆਂ ਦੀ) ਗਿਣਤੀ ਦੂਜੇ ਦਿਨਾਂ ਵਿਚ ਪੂਰੀ ਕਰ ਲਵੇ। ਅੱਲਾਹ ਤੁਹਾਡੇ ਲਈ ਆਸਾਨੀ ਚਾਹੁੰਦਾ ਹੈ, ਉਹ ਤੁਹਾਡੇ ਲਈ ਤੰਗੀ ਨਹੀਂ ਚਾਹੁੰਦਾ। ਜਦੋਂ ਤੁਸੀਂ ਰੋਜ਼ਿਆਂ ਦੀ ਗਿਣਤੀ ਪੂਰੀ ਕਰ ਲਵੋ ਤਾਂ ਇਸ ਲਈ ਰੱਬ ਦੀ ਵਡਿਆਈ ਬਿਆਨ ਕਰੋ ਕਿ ਉਸ ਨੇ ਤੁਹਾਨੂੰ ਹਿਦਾਇਤ ਦਿੱਤੀ ਤਾਂ ਜੋ ਤੁਸੀਂ ਉਸ ਦਾ ਧੰਨਵਾਦ ਕਰੋ।

186. (ਹੇ ਨਬੀ!) ਜਦੋਂ ਮੇਰੇ ਬੰਦੇ ਤੁਹਾਥੋਂ ਮੇਰੇ ਬਾਰੇ ਪੁੱਛਣ (ਕਿ ਮੈਂ ਕਿੱਥੇ ਹਾਂ) ਤਾਂ ਆਖ ਦਿਓ ਕਿ ਮੈਂ ਉਹਨਾਂ ਦੇ ਅੰਗ-ਸੰਗ ਹੀ ਹਾਂ[1] ਜਦੋਂ ਵੀ ਉਹ ਮੈਥੋਂ ਦੁਆਵਾਂ ਕਰਦੇ ਹਨ ਤਾਂ ਮੈਂ ਉਹਨਾਂ ਦੀਆਂ ਦੁਆਵਾਂ ਨੂੰ ਕਬੂਲ ਕਰਦਾ ਹਾਂ ਸੋ ਉਹਨਾਂ ਨੂੰ ਚਾਹੀਦਾ ਹੈ ਕਿ ਮੇਰੇ ਹੁਕਮਾਂ ਦੀ ਪਾਲਣਾ ਕਰਨ ਅਤੇ ਮੇਰੇ ਉੱਤੇ ਹੀ ਈਮਾਨ ਲਿਆਉਣ ਤਾਂ ਜੋ ਉਹ ਹਿਦਾਇਤ ਪ੍ਰਾਪਤ ਕਰ ਸਕਣ।

وَإِذَا سَأَلَكَ عِبَادِي عَنِّي فَإِنِّي قَرِيبٌ ۖ أُجِيبُ دَعْوَةَ الدَّاعِ إِذَا دَعَانِ ۖ فَلْيَسْتَجِيبُوا لِي وَلْيُؤْمِنُوا بِي لَعَلَّهُمْ يَرْشُدُونَ ﴿١٨٦﴾

[1] ਇਸ ਤੋਂ ਭਾਵ ਉਹ ਫ਼ਰਜ਼ ਇਬਾਦਤ ਹੈ ਜਿਹੜੀ ਅੱਲਾਹ ਵੱਲੋਂ ਮਨੁੱਖਾਂ ਨੂੰ ਅਦਾ ਕਰਨੀ ਜ਼ਰੂਰੀ ਹੈ। ਹਦੀਸ ਵਿਚ ਹੈ ਕਿ ਅੱਲਾਹ ਦਾ ਫ਼ਰਮਾਨ ਹੈ ਕਿ ਜਿਹੜਾ ਵਿਅਕਤੀ ਮੇਰੇ ਕਿਸੇ ਮਿੱਤਰ (ਵਲੀ) ਨਾਲ ਵੈਰ ਰੱਖਦਾ ਹੈ ਤਾਂ ਉਹ ਸੁਣ ਲਵੇ ਕਿ ਮੈਂ ਉਸ ਦੇ ਵਿਰੁੱਧ ਜੰਗ ਦਾ ਐਲਾਨ ਕਰਦਾ ਹਾਂ ਅਤੇ ਮੇਰਾ ਬੰਦਾ ਜਿਹੜੀਆਂ ਇਬਾਦਤਾਂ ਰਾਹੀਂ ਮੇਰੀ ਨੇੜਤਾ ਪ੍ਰਾਪਤ ਕਰਦਾ ਹੈ ਉਹਨਾਂ ਵਿੱਚੋਂ ਮੈਨੂੰ ਕੋਈ ਵੀ ਇਬਾਦਤ ਇਸ ਤੋਂ ਵੱਧ ਪਸੰਦ ਨਹੀਂ ਜਿਹੜੀ ਮੈਂ ਉਸ ਲਈ ਫ਼ਰਜ਼ ਕੀਤੀ ਹੈ ਅਤੇ ਮੇਰਾ ਬੰਦਾ ਨਫ਼ਲੀ ਇਬਾਦਤ ਕਰਕੇ ਮੇਰੇ ਇੰਨਾ ਨੇੜੇ ਹੋ ਜਾਂਦਾ ਹੈ ਕਿ ਮੈਂ ਉਸ ਨਾਲ ਮੁਹੱਬਤ ਕਰਨ ਲੱਗ ਜਾਂਦਾ ਹਾਂ, ਸੋ ਮੈਂ ਉਸ ਦਾ ਕੰਨ ਬਣ ਜਾਂਦਾ ਹਾਂ ਜਿਸ ਤੋਂ ਉਹ ਸੁਣਦਾ ਹੈ, ਮੈਂ ਉਸ ਦੀ ਅੱਖ ਬਣ ਜਾਂਦਾ ਹਾਂ ਜਿਸ ਤੋਂ ਉਹ ਵੇਖਦਾ ਹੈ, ਮੈਂ ਹੱਥ ਬਣ ਜਾਂਦਾ ਹਾਂ ਜਿਸ ਤੋਂ ਉਹ ਫੜਦਾ ਹੈ, ਮੈਂ ਉਸਦਾ ਪੈਰ ਬਣ ਜਾਂਦਾ ਹਾਂ ਜਿਸ ਤੋਂ ਉਹ ਤੁਰਦਾ ਹੈ, ਜਦੋਂ ਉਹ ਮੈਥੋਂ ਕੁੱਝ ਮੰਗਦਾ ਹੈ ਤਾਂ ਮੈਂ ਉਸ ਨੂੰ ਦਿੰਦਾ ਹਾਂ, ਜੇ ਉਹ ਮੇਰੀ ਪਨਾਹ ਚਾਹੁੰਦਾ ਹੈ ਤਾਂ ਮੈਂ ਉਸ ਨੂੰ ਪਨਾਹ ਦਿੰਦਾ ਹਾਂ, ਮੈਨੂੰ ਕਿਸੇ ਕੰਮ ਕਰਨ ਵਿਚ ਇੰਨੀ ਦੁਬਿਧਾ ਨਹੀਂ ਹੁੰਦੀ ਜਿੰਨੀ ਜਦ ਮੈਂ ਕਿਸੇ ਮੋਮਿਨ ਦੀ ਜਾਨ ਲੈਂਦਾ ਹਾਂ, ਉਸ ਸਮੇਂ ਹੁੰਦੀ ਹੈ। ਕਿਉਂ ਜੋ ਸਰੀਰਿਕ ਕਸ਼ਟ ਉਸ ਨੂੰ ਚੰਗਾ ਨਹੀਂ ਲੱਗਦਾ ਅਤੇ ਮੈਨੂੰ ਆਪ ਵੀ ਉਸ ਨੂੰ ਕਸ਼ਟ ਦੇਣਾ ਪਸੰਦ ਨਹੀਂ। (ਸਹੀ ਬੁਖ਼ਾਰੀ, ਹਦੀਸ: 6502)

5

187 ਤੁਹਾਡੇ ਲਈ ਰੋਜ਼ਿਆਂ ਦੀਆਂ ਰਾਤਾਂ ਨੂੰ ਆਪਣੀ ਪਤਨੀ ਨਾਲ ਸੰਭੋਗ ਕਰਨਾ ਹਲਾਲ (ਜਾਇਜ਼) ਕੀਤਾ ਗਿਆ ਹੈ, ਉਹ ਤੁਹਾਡੇ ਲਈ ਲਿਬਾਸ ਹਨ ਅਤੇ ਤੁਸੀਂ ਉਹਨਾਂ (ਪਤਨੀਆਂ) ਦੇ ਲਿਬਾਸ (ਵਾਂਗ) ਹੋ। ਅੱਲਾਹ ਤੁਹਾਡੀਆਂ ਲੋੜਾਂ ਨੂੰ ਜਾਣਦਾ ਹੈ ਕਿ ਤੁਸੀਂ ਆਪਣੇ ਆਪ ਨਾਲ ਖ਼ਿਆਨਤਾਂ (ਚੋਰੀ ਤੋਂ ਸੰਭੋਗ) ਕਰਦੇ ਸੀ ਸੋ ਉਸ ਨੇ ਤੁਹਾਡੇ ਵੱਲ ਧਿਆਨ ਦਿੱਤਾ ਅਤੇ ਤੁਹਾਨੂੰ ਮੁਆਫ਼ ਕਰ ਦਿੱਤਾ ਹੁਣ ਤੁਸੀਂ (ਰਮਜ਼ਾਨ ਦੀਆਂ ਰਾਤਾਂ ਵਿਚ) ਹਮ ਬਿਸਤਰੀ (ਸੰਭੋਗ) ਕਰ ਸਕਦੇ ਹੋ ਅਤੇ ਅੱਲਾਹ ਨੇ ਤੁਹਾਡੇ ਲਈ ਜੋ (ਔਲਾਦ) ਲਿਖ ਛੱਡੀ ਹੈ ਉਸ ਨੂੰ (ਸੰਭੋਗ ਰਾਹੀਂ) ਤਲਾਸ਼ ਕਰੋ। (ਰਮਜ਼ਾਨ ਦੀਆਂ ਰਾਤਾਂ ਵਿਚ) ਖਾਓ ਪਿਓ ਇੱਥੋਂ ਤਕ ਕਿ ਪਹੁ ਫੁਟਣ ਵੇਲੇ ਸਫ਼ੇਦ ਧਾਰੀ ਕਾਲੀ ਧਾਰੀ ਤੋਂ ਸਪਸ਼ਟ ਹੋ ਜਾਵੇ ਫਿਰ ਤੁਸੀਂ (ਖਾਣ ਪੀਣ ਤੇ ਸੰਭੋਗ ਤੋਂ ਰੁੱਕ ਜਾਓ) ਰੋਜ਼ੇ ਨੂੰ (ਸੂਰਜ ਡੁਬਣ) ਤਕ ਪੂਰਾ ਕਰੋ। ਜਦੋਂ ਤੁਸੀਂ ਮਸੀਤਾਂ ਵਿਚ ਐਤਕਾਫ਼ (ਰਮਜ਼ਾਨ ਦੇ ਆਖ਼ਰੀ ਦਸ ਦਿਨ ਇਬਾਦਤ) ਲਈ ਬੈਠੋ ਤਾਂ ਆਪਣੀਆਂ ਪਤਨੀਆਂ ਨਾਲ ਸੰਭੋਗ ਨਾ ਕਰੋ। ਇਹ ਅੱਲਾਹ ਦੀਆਂ ਹੱਦਾਂ ਹਨ, ਤੁਸੀਂ ਉਹਨਾਂ ਦੇ ਨੇੜੇ ਵੀ ਨਾ ਜਾਓ। ਅੱਲਾਹ ਲੋਕਾਂ ਲਈ ਆਪਣੀਆਂ ਆਇਤਾਂ (ਹੁਕਮ) ਇੰਜ ਹੀ ਖੋਲ੍ਹ ਖੋਲ੍ਹ ਕੇ ਬਿਆਨ ਕਰਦਾ ਹੈ, ਤਾਂ ਜੋ ਉਹ ਬੁਰਾਈਆਂ ਤੋਂ ਬਚੇ ਰਹਿਣ।

أُحِلَّ لَكُمْ لَيْلَةَ الصِّيَامِ الرَّفَثُ إِلَىٰ نِسَائِكُمْ
هُنَّ لِبَاسٌ لَكُمْ وَأَنْتُمْ لِبَاسٌ لَهُنَّ عَلِمَ اللَّهُ
أَنَّكُمْ كُنْتُمْ تَخْتَانُونَ أَنْفُسَكُمْ فَتَابَ عَلَيْكُمْ
وَعَفَا عَنْكُمْ فَالْـٰنَ بَاشِرُوهُنَّ وَابْتَغُوا مَا كَتَبَ
اللَّهُ لَكُمْ وَكُلُوا وَاشْرَبُوا حَتَّىٰ يَتَبَيَّنَ لَكُمُ
الْخَيْطُ الْأَبْيَضُ مِنَ الْخَيْطِ الْأَسْوَدِ مِنَ الْفَجْرِ
ثُمَّ أَتِمُّوا الصِّيَامَ إِلَى الَّيْلِ وَلَا تُبَاشِرُوهُنَّ
وَأَنْتُمْ عَاكِفُونَ فِي الْمَسَاجِدِ تِلْكَ حُدُودُ اللَّهِ
فَلَا تَقْرَبُوهَا كَذَٰلِكَ يُبَيِّنُ اللَّهُ آيَاتِهِ لِلنَّاسِ
لَعَلَّهُمْ يَتَّقُونَ ١٨٧

188. ਤੁਸੀਂ ਇਕ ਦੂਜੇ ਦੇ ਮਾਲ ਨਾਜਾਇਜ਼ ਤਰੀਕਿਆਂ ਨਾਲ ਨਾ ਖਾਓ ਅਤੇ ਉਹਨਾਂ ਨੂੰ ਹਾਕਮਾਂ ਅੱਗੇ (ਰਿਸ਼ਵਤ ਵਜੋਂ) ਪੇਸ਼ ਨਾ ਕਰੋ ਕਿ ਤੁਸੀਂ ਦੂਜਿਆਂ ਦੇ ਮਾਲ ਦਾ ਕੁੱਝ ਹਿਸਾ ਨਾ ਜਾਇਜ਼ ਤਰੀਕੇ ਨਾਲ ਖਾ ਜਾਓ ਹਾਲਾਂ ਕਿ ਤੁਸੀਂ ਜਾਣਦੇ ਹੋ।

وَلَا تَأْكُلُوا أَمْوَالَكُمْ بَيْنَكُمْ بِالْبَاطِلِ وَتُدْلُوا
بِهَا إِلَى الْحُكَّامِ لِتَأْكُلُوا فَرِيقًا مِنْ أَمْوَالِ
النَّاسِ بِالْإِثْمِ وَأَنْتُمْ تَعْلَمُونَ ١٨٨

189. ਹੇ ਨਬੀ (ਸ:)! ਤੁਹਾਥੋਂ (ਲੋਕੀ) ਚੰਨ ਦੇ (ਘਟਣ ਵਧਣ) ਬਾਰੇ ਪੁੱਛਦੇ ਹਨ। ਤੁਸੀਂ ਕਹਿ ਦਿਓ ਕਿ ਇਹ ਲੋਕਾਂ ਲਈ (ਮਿਤੀਆਂ ਨਿਰਧਾਰਤ ਕਰਨ) ਅਤੇ ਹੱਜ ਲਈ ਨਿਯਤ ਸਮਾਂ ਦੱਸਣ ਲਈ ਹੈ। ਨੇਕੀ ਇਹ ਨਹੀਂ ਕਿ ਤੁਸੀਂ (ਹੱਜ ਦੇ ਦਿਨਾਂ ਵਿਚ) ਆਪਣੇ ਘਰ ਦੇ ਪਿੱਛਿਓਂ ਆਓ ਸਗੋਂ ਨੇਕੀ ਤਾਂ ਇਹ ਹੈ ਕਿ ਆਦਮੀ ਬੁਰਾਈ ਤੋਂ ਬਚਿਆ ਰਹੇ। ਤੁਸੀਂ ਆਪਣੇ ਘਰਾਂ ਵਿਚ ਉਹਨਾਂ ਦੇ ਬੂਹਿਆਂ ਰਾਹੀਂ ਹੀ ਆਓ ਅਤੇ ਅੱਲਾਹ ਤੋਂ ਡਰਦੇ ਰਹੋ ਤਾਂ ਜੋ ਤੁਸੀਂ ਸਫ਼ਲਤਾ ਪ੍ਰਾਪਤ ਕਰੋ।

يَسْـَٔلُونَكَ عَنِ ٱلْأَهِلَّةِ ۖ قُلْ هِىَ مَوَٰقِيتُ لِلنَّاسِ
وَٱلْحَجِّ ۗ وَلَيْسَ ٱلْبِرُّ بِأَن تَأْتُوا۟ ٱلْبُيُوتَ مِن
ظُهُورِهَا وَلَـٰكِنَّ ٱلْبِرَّ مَنِ ٱتَّقَىٰ ۗ وَأْتُوا۟ ٱلْبُيُوتَ مِنْ
أَبْوَٰبِهَا ۚ وَٱتَّقُوا۟ ٱللَّهَ لَعَلَّكُمْ تُفْلِحُونَ ﴿١٨٩﴾

190. ਤੁਸੀਂ ਅੱਲਾਹ ਦੀ ਰਾਹ ਵਿਚ ਉਹਨਾਂ ਨਾਲ ਲੜੋ ਜਿਹੜੇ ਤੁਹਾਡੇ ਨਾਲ ਲੜਦੇ ਹਨ।[1] ਤੁਸੀਂ ਵਧੀਕੀ ਨਾ ਕਰੋ ਕਿਉਂ ਜੋ ਅੱਲਾਹ ਵਧੀਕੀ ਕਰਨ ਵਾਲੇ ਨੂੰ ਪਸੰਦ ਨਹੀਂ ਕਰਦਾ।

وَقَـٰتِلُوا۟ فِى سَبِيلِ ٱللَّهِ ٱلَّذِينَ يُقَـٰتِلُونَكُمْ وَلَا
تَعْتَدُوٓا۟ ۚ إِنَّ ٱللَّهَ لَا يُحِبُّ ٱلْمُعْتَدِينَ ﴿١٩٠﴾

191. ਜਿੱਥੇ ਵੀ ਇਹ (ਵਧੀਕੀ ਕਰਨ ਵਾਲੇ) ਤੁਹਾਨੂੰ ਮਿਲਣ ਤੁਸੀਂ ਉਹਨਾਂ ਨੂੰ ਕਤਲ ਕਰ ਦਿਓ ਅਤੇ ਉਹਨਾਂ ਨੂੰ ਉੱਥੋਂ ਕੱਢ ਦਿਓ ਜਿੱਥੋਂ ਉਹਨਾਂ ਨੇ ਤੁਹਾਨੂੰ ਕੱਢਿਆ ਹੈ। ਫ਼ਿਤਨਾ[2] ਫ਼ਸਾਦ ਤਾਂ ਕਤਲ ਕਰਨ ਤੋਂ ਵੀ ਵੱਧ ਭੈੜਾ (ਗੁਨਾਹ) ਹੈ। (ਹੇ ਈਮਾਨ ਵਾਲਿਓ!) ਤੁਸੀਂ ਉਹਨਾਂ (ਜ਼ਾਲਮਾਂ) ਨਾਲ ਮਸਜਿਦੇ

وَٱقْتُلُوهُمْ حَيْثُ ثَقِفْتُمُوهُمْ وَأَخْرِجُوهُم مِّنْ
حَيْثُ أَخْرَجُوكُمْ ۚ وَٱلْفِتْنَةُ أَشَدُّ مِنَ ٱلْقَتْلِ ۚ
وَلَا تُقَـٰتِلُوهُمْ عِندَ ٱلْمَسْجِدِ ٱلْحَرَامِ حَتَّىٰ
يُقَـٰتِلُوكُمْ فِيهِ ۖ فَإِن قَـٰتَلُوكُمْ فَٱقْتُلُوهُمْ ۗ
كَذَٰلِكَ جَزَآءُ ٱلْكَـٰفِرِينَ ﴿١٩١﴾

---

[1] "ਜਿਹਾਦ" ਦਾ ਅਰਥ ਕੋਸ਼ਿਸ਼ ਕਰਨਾ ਹੈ। ਸ਼ਰੀਅਤ ਅਨੁਸਾਰ ਅੱਲਾਹ ਦੀ ਰਾਹ ਵਿਚ ਜੰਗ ਕਰਨ ਨੂੰ ਜਿਹਾਦ ਕਿਹਾ ਜਾਂਦਾ ਹੈ ਹਦੀਸ ਵਿਚ ਹੈ ਕਿ ਜਿਹੜਾ ਵਿਅਕਤੀ ਇਸ ਹਾਲ ਵਿਚ ਹੀ ਸੰਸਾਰ ਤੋਂ ਚਲਾ ਗਿਆ ਕਿ ਨਾ ਤਾਂ ਉਸ ਨੇ ਕਦੀ ਜਿਹਾਦ ਕੀਤਾ ਅਤੇ ਨਾ ਉਸ ਦੇ ਦਿਲ ਵਿਚ ਕਦੇ ਇਸ ਦਾ ਵਿਚਾਰ ਹੀ ਆਇਆ ਇਹ ਸਮਝੋ ਜਿਵੇਂ ਉਹ ਝੂਠੇ ਦੀ ਮੌਤ ਮਰ ਗਿਆ। (ਸਹੀ ਮੁਸਲਿਮ, ਹਦੀਸ: 1910)

◆ ਹਜ਼ਰਤ ਇਬਨੇ ਮਸਊਦ ਨੇ ਅੱਲਾਹ ਦੇ ਰਸੂਲ ਨੂੰ ਪੁੱਛਿਆ ਹੈ ਕਿ ਅੱਲਾਹ ਦੇ ਰਸੂਲ! ਸਭ ਤੋਂ ਵਧੀਆ ਕਿਹੜਾ ਅਮਲ ਹੈ? ਆਪ ਨੇ ਫ਼ਰਮਾਇਆ ਕਿ ਨਮਾਜ਼ਾਂ ਨੂੰ ਉਹਨਾਂ ਦੇ ਨਿਯਤ ਸਮੇਂ 'ਤੇ ਅਦਾ ਕਰਨਾ। ਉਹਨਾਂ ਪੁੱਛਿਆ ਕਿ ਇਸ ਤੋਂ ਬਾਅਦ, ਫ਼ਰਮਾਇਆ ਮਾਪਿਆਂ ਨਾਲ ਵਧੀਆ ਵਰਤਾਓ ਕਰਨਾ. ਉਹਨਾਂ ਪੁੱਛਿਆ ਕਿ ਇਸ ਤੋਂ ਬਾਅਦ, ਆਪ (ਸ:) ਨੇ ਫ਼ਰਮਾਇਆ ਕਿ ਅੱਲਾਹ ਦੀ ਰਾਹ ਵਿਚ ਜਿਹਾਦ ਕਰਨਾ। (ਸਹੀ ਬੁਖ਼ਾਰੀ, ਹਦੀਸ: 2782)

[2] "ਫ਼ਿਤਨਾ" ਦਾ ਅਰਥ ਹੈ ਫ਼ਸਾਦ ਅਤੇ ਵਿਗਾੜ ਪੈਦਾ ਕਰਨਾ। ਕੁਰਆਨ ਵਿਚ ਇਸ ਦੀ ਕਈ ਸ਼ਬਦਾਂ ਵਿਚ ਨਿਖੇਧੀ ਆਈ ਹੈ ਇਸ ਨੂੰ ਕਤਲ ਤੋਂ ਵੀ ਵੱਧ ਖ਼ਤਰਨਾਕ ਦੱਸਿਆ ਗਿਆ ਹੈ। ਫ਼ਿਤਨੇ ਦੀ ਸ਼ਕਲ ਇਕ ਇਹ ਵੀ ਹੈ ਕਿ ਅੱਲਾਹ 'ਤੇ ਈਮਾਨ ਲਿਆਉਣ ਤੋਂ ਬਾਅਦ ਉਸਦਾ ਇਨਕਾਰ ਕਰਨਾ

ਹਰਾਮ (ਖ਼ਾਨਾ-ਕਾਅਬਾ) ਦੇ ਨੇੜੇ (ਉਦੋਂ ਤੱਕ) ਨਾ ਲੜੋ ਜਦੋਂ ਤਕ ਉਹ ਇਸ (ਖ਼ਾਨਾ-ਕਾਅਬਾ) ਵਿਚ ਨਾ ਲੜਨ। ਜੇ ਉਹ ਉੱਥੇ ਵੀ ਲੜਣ ਤਾਂ ਤੁਸੀਂ ਉਹਨਾਂ ਨੂੰ ਕਤਲ ਕਰ ਦਿਓ। ਅਜਿਹੇ ਕਾਫ਼ਰਾਂ ਦੀ ਇਹੋ ਸਜ਼ਾ ਹੈ।

192 ਜੇ ਉਹ (ਲੜਣ ਤੋਂ) ਬਾਜ਼ ਆ ਜਾਣ ਤਾਂ ਅੱਲਾਹ ਬਹੁਤ ਹੀ ਵੱਡਾ ਬਖ਼ਸ਼ਣਹਾਰ ਹੈ ਅਤੇ ਰਹੀਮ ਫ਼ਰਮਾਉਣ ਵਾਲਾ ਹੈ

فَإِنِ انْتَهَوْا فَإِنَّ اللَّهَ غَفُورٌ رَحِيمٌ ﴿١٩٢﴾

193 ਉਹਨਾਂ ਨਾਲ ਓਦੋਂ ਤਕ ਜੰਗ ਕਰੋ ਜਦੋਂ ਤਕ ਕਿ ਉਪੱਦਰ (ਫ਼ਿਤਨਾ) ਖ਼ਤਮ ਨਾ ਹੋ ਜਾਵੇ ਅਤੇ ਦੀਨ ਕੇਵਲ ਅੱਲਾਹ ਲਈ ਹੀ (ਖ਼ਾਸ) ਹੋ ਜਾਵੇ [1] ਜੇ ਉਹ ਬਾਜ਼ ਆ ਜਾਣ ਤਾਂ ਛੁੱਟ ਜ਼ਾਲਮਾਂ ਤੋਂ ਕਿਸੇ ਨਾਲ ਧੱਕਾ ਕਰਨਾ ਜਾਇਜ਼ ਨਹੀਂ

وَقَاتِلُوهُمْ حَتَّىٰ لَا تَكُونَ فِتْنَةٌ وَيَكُونَ الدِّينُ لِلَّهِ ۖ فَإِنِ انْتَهَوْا فَلَا عُدْوَانَ إِلَّا عَلَى الظَّالِمِينَ ﴿١٩٣﴾

194. (ਤੁਹਾਡੇ ਲਈ) ਸਤਿਕਾਰਯੋਗ ਮਹੀਨਿਆਂ ਦੀ ਪਾਬੰਦੀ ਉਹਨਾਂ (ਜ਼ਾਲਮਾਂ) ਵੱਲੋਂ ਸਤਿਕਾਰਯੋਗ ਮਹੀਨੇ ਦੀ ਪਾਬੰਦੀ ਦੇ ਬਦਲੇ ਵਿਚ ਹੈ ਅਤੇ ਸਤਿਕਾਰਯੋਗ ਚੀਜ਼ਾਂ ਦਾ ਲਿਹਾਜ਼ ਬਰਾਬਰੀ ਵਾਲਾ ਹੋਵੇਗਾ। ਸੋ ਜਿਹੜਾ ਕੋਈ ਤੁਹਾਡੇ ਨਾਲ (ਧੱਕਾ) ਕਰਦਾ ਹੈ ਤੁਸੀਂ ਵੀ ਉਸ ਦੇ ਨਾਲ ਉੱਨਾ ਹੀ ਧੱਕਾ ਕਰੋ ਜਿੰਨਾ ਧੱਕਾ ਉਸਨੇ ਤੁਹਾਡੇ ਨਾਲ ਕੀਤਾ ਹੈ। ਅੱਲਾਹ ਤੋਂ ਡਰੋ ਅਤੇ ਜਾਣ ਲਓ ਕਿ ਬੇਸ਼ੱਕ ਅੱਲਾਹ ਪਰਹੇਜ਼ਗਾਰਾਂ ਦਾ ਹੀ ਸਾਥੀ ਹੈ।

الشَّهْرُ الْحَرَامُ بِالشَّهْرِ الْحَرَامِ وَالْحُرُمَاتُ قِصَاصٌ ۚ فَمَنِ اعْتَدَىٰ عَلَيْكُمْ فَاعْتَدُوا عَلَيْهِ بِمِثْلِ مَا اعْتَدَىٰ عَلَيْكُمْ ۚ وَاتَّقُوا اللَّهَ وَاعْلَمُوا أَنَّ اللَّهَ مَعَ الْمُتَّقِينَ ﴿١٩٤﴾

---

[1] ਨਬੀ ਕਰੀਮ (ਸ.) ਦਾ ਇਰਸ਼ਾਦ ਹੈ ਕਿ ਮੈਨੂੰ ਅੱਲਾਹ ਵੱਲੋਂ ਹੁਕਮ ਹੋਇਆ ਹੈ ਕਿ ਮੈਂ ਲੋਕਾਂ ਨਾਲ ਜਿਹਾਦ ਕਰਾਂ ਇੱਥੋਂ ਤਕ ਕਿ ਉਹ ਗਵਾਹੀ ਦੇਣ ਕਿ ਛੁੱਟ ਅੱਲਾਹ ਤੋਂ ਕੋਈ ਇਸ਼ਟ ਨਹੀਂ, ਮੁਹੰਮਦ(ਸ.) ਅੱਲਾਹ ਦੇ ਰਸੂਲ ਹਨ, ਨਮਾਜ਼ ਕਾਇਮ ਕਰਨ, ਜ਼ਕਾਤ ਅਦਾ ਕਰਨ, ਜੇ ਉਹ ਐਵੇਂ ਕਰਨਗੇ ਤਾਂ ਉਹਨਾਂ ਨੇ ਆਪਣੀਆਂ ਜਾਨਾਂ ਤੇ ਮਾਲਾਂ ਨੂੰ ਮੈਥੋਂ ਬਚਾ ਲਿਆ, ਪਰ ਇਸਲਾਮ ਦਾ ਹੱਕ ਪੂਰਾ ਨਹੀਂ ਹੋਇਆ। ਜਿਵੇਂ ਨਾ ਹੱਕਾ ਕਤਲ ਦੇ ਬਦਲੇ ਵਿਚ ਕਤਲ ਜਾਂ ਜ਼ਕਾਤ ਨਾ ਦੇਣ ਵਾਲੇ ਦਾ ਕਤਲ ਆਦਿ ਅਤੇ ਇਹਨਾਂ ਦੇ ਦਿਲ ਦੀਆਂ ਗੱਲਾਂ ਦਾ ਹਿਸਾਬ ਲੈਣਾ ਅੱਲਾਹ ਦੇ ਜ਼ਿੰਮੇ ਹੈ। (ਸਹੀ ਬੁਖ਼ਾਰੀ, ਹਦੀਸ: 25)

195 ਤੁਸੀਂ ਅੱਲਾਹ ਦੀ ਰਾਹ ਵਿਚ ਖ਼ਰਚ ਕਰੋ ਅਤੇ ਆਪਣੇ ਹੱਥੀਂ ਆਪਣੀ ਬਰਬਾਦੀ ਨਾ ਕਰੋ। ਤੁਸੀਂ ਨੇਕੀਆਂ ਕਰੋ ਬੇਸ਼ੱਕ ਅੱਲਾਹ ਨੇਕੀ ਕਰਨ ਵਾਲਿਆਂ ਨੂੰ ਪਸੰਦ ਕਰਦਾ ਹੈ।

وَأَنْفِقُوا فِي سَبِيلِ اللَّهِ وَلَا تُلْقُوا بِأَيْدِيكُمْ
إِلَى التَّهْلُكَةِ ۛ وَأَحْسِنُوا ۛ إِنَّ اللَّهَ يُحِبُّ
الْمُحْسِنِينَ ١٩٥

196. ਜਦੋਂ ਤੁਸੀਂ ਹੱਜ ਤੇ ਉਮਰਾ (ਅੱਲਾਹ ਦੀ ਰਜ਼ਾ ਲਈ) ਪੂਰੀ ਤਰ੍ਹਾਂ ਕਰ ਲਵੋਂ ਅਤੇ ਜੇ ਕੀਤੇ ਤੁਹਾਨੂੰ ਰਾਹ ਵਿਚ ਰੋਕ ਲਿਆ ਜਾਵੇ ਤਾਂ ਤੁਹਾਨੂੰ ਕੁਰਬਾਨੀ ਲਈ ਜੋ ਵੀ (ਜਾਨਵਰ) ਮਿਲ ਸਕੇ (ਉਸ ਨੂੰ ਰੱਬ ਦੀ ਰਾਹ ਵਿਚ ਕੁਰਬਾਨ ਕਰ ਦਿਓ) ਅਤੇ ਜਦੋਂ ਤਕ ਕੁਰਬਾਨੀ ਆਪਣੇ ਹਲਾਲ ਹੋਣ ਵਾਲੀ ਥਾਂ ਨਾ ਪਹੁੰਚ ਜਾਵੇ ਆਪਣੇ ਸਿਰ ਨਾ ਮੁਨਵਾਓ। ਪਰ ਜੇ ਕੋਈ ਵਿਅਕਤੀ ਬੀਮਾਰ ਹੋ ਜਾਂ ਉਸ ਦੇ ਸਿਰ ਵਿਚ ਕੋਈ ਤਕਲੀਫ਼ ਹੈ (ਜੇ ਉਹ ਕੁਰਬਾਨੀ ਤੋਂ ਪਹਿਲਾਂ ਸਿਰ ਮੁਨਵਾ ਲੈਂਦਾ ਹੈ) ਤਾਂ ਉਹ ਫ਼ਿਦੀਯੇ (ਬਦਲੇ) ਵਿਚ ਰੋਜ਼ੇ ਰੱਖੇ ਜਾਂ ਸਦਕਾ (ਪੁੰਨ ਦਾਨ) ਕਰੇ ਜਾਂ ਕੁਰਬਾਨੀ ਕਰੇ। ਜਦੋਂ ਤੁਹਾਨੂੰ ਅਮਨ ਮਿਲ ਜਾਵੇ (ਅਤੇ ਹੱਜ ਤੋਂ ਪਹਿਲਾਂ ਮੱਕੇ ਪਹੁੰਚ ਜਾਵੋ) ਤਾਂ ਤੁਹਾਡੇ ਵਿੱਚੋਂ ਜਿਸ ਕਿਸੇ ਨੇ ਵੀ ਹੱਜ (ਦੇ ਅਹਿਰਾਮ) ਨਾਲ ਉਮਰਾ ਕਰਨ ਦਾ ਲਾਭ ਉਠਾਇਆ ਹੈ ਉਸ ਨੂੰ (ਅਹਿਰਾਮ ਖੋਲ੍ਹਣ ਤੋਂ ਬਾਅਦ) ਜਿਹੜਾ ਵੀ (ਜਾਨਵਰ) ਮਿਲੇ ਕੁਰਬਾਨੀ

وَأَتِمُّوا الْحَجَّ وَالْعُمْرَةَ لِلَّهِ ۚ فَإِنْ أُحْصِرْتُمْ فَمَا
اسْتَيْسَرَ مِنَ الْهَدْيِ ۖ وَلَا تَحْلِقُوا رُءُوسَكُمْ حَتَّىٰ
يَبْلُغَ الْهَدْيُ مَحِلَّهُ ۚ فَمَنْ كَانَ مِنْكُمْ مَرِيضًا أَوْ
بِهِ أَذًى مِنْ رَأْسِهِ فَفِدْيَةٌ مِنْ صِيَامٍ أَوْ صَدَقَةٍ
أَوْ نُسُكٍ ۚ فَإِذَا أَمِنْتُمْ فَمَنْ تَمَتَّعَ بِالْعُمْرَةِ
إِلَى الْحَجِّ فَمَا اسْتَيْسَرَ مِنَ الْهَدْيِ ۚ فَمَنْ لَمْ
يَجِدْ فَصِيَامُ ثَلَاثَةِ أَيَّامٍ فِي الْحَجِّ وَسَبْعَةٍ إِذَا
رَجَعْتُمْ ۗ تِلْكَ عَشَرَةٌ كَامِلَةٌ ۗ ذَٰلِكَ لِمَنْ لَمْ يَكُنْ
أَهْلُهُ حَاضِرِي الْمَسْجِدِ الْحَرَامِ ۚ وَاتَّقُوا اللَّهَ
وَاعْلَمُوا أَنَّ اللَّهَ شَدِيدُ الْعِقَابِ ١٩٦

· ਹਦੀਸਾਂ ਵਿਚ ਹੱਜ ਤੇ ਉਮਰੇ ਦੀ ਭਰਪੂਰ ਮਹੱਤਤਾ ਦੱਸੀ ਗਈ ਹੈ, ਜਿਵੇਂ ਇਸਲਾਮ ਕਬੂਲ ਕਰਦੇ ਹੀ ਸਾਰੇ ਪਿਛਲੇ ਗੁਨਾਹ ਖ਼ਤਮ ਹੋ ਜਾਂਦੇ ਹਨ ਐਵੇਂ ਹੀ ਅੱਲਾਹ ਦੀ ਰਾਹ ਵਿਚ ਹਿਜਰਤ ਅਤੇ ਹੱਜ ਦੀ ਵੀ ਇਹੋ ਵਿਸ਼ੇਸ਼ਤਾ ਹੈ ਅਬਦੁੱਲਾ ਬਿਨ ਉਮਰ ਦਾ ਫ਼ਰਮਾਨ ਹੈ ਕਿ ਹੱਜ ਤੇ ਉਮਰਾ ਹਰ ਮੁਸਲਮਾਨ ਲਈ ਕਰਨਾ ਜ਼ਰੂਰੀ ਹੈ। ਹਜ਼ਰਤ ਅਬਦੁੱਲਾ ਬਿਨ ਅੱਬਾਸ ਦਾ ਫ਼ਰਮਾਨ ਹੈ ਕਿ ਇਸ ਆਇਤ ਵਿਚ ਉਮਰੇ ਦਾ ਬਿਆਨ ਹੱਜ ਦੇ ਸੰਬੰਧ ਵਿਚ ਆਇਆ ਹੈ। ਅੱਲਾਹ ਦੇ ਰਸੂਲ ਨੇ ਫ਼ਰਮਾਇਆ, ਇਕ ਉਮਰੇ ਤੋਂ ਦੂਜੇ ਉਮਰੇ ਤਕ ਬੰਦੇ ਤੋਂ ਜਿੰਨੇ ਵੀ ਗੁਨਾਹ ਹੋ ਜਾਂਦੇ ਹਨ ਉਮਰਾ ਉਹਨਾਂ ਸਭ ਨੂੰ ਢਕ ਲੈਂਦਾ ਹੈ ਅਤੇ ਜਿਸ ਦੇ ਹੱਜ ਨੂੰ ਰੱਬ ਨੇ ਕਬੂਲ ਕਰ ਲਿਆ ਉਸ ਦਾ ਬਦਲਾ ਜੰਨਤ ਹੈ। (ਬੁਖ਼ਾਰੀ, ਹਦੀਸ: 1773)

ਕਰ ਦੇਵੇ ਅਤੇ ਜਿਸ ਨੂੰ (ਕੁਰਬਾਨੀ ਲਈ ਜਾਨਵਰ) ਨਾ ਮਿਲੇ ਤਾਂ ਉਹ ਤਿੰਨ ਰੋਜ਼ੇ ਹੱਜ ਦੇ ਦਿਨਾਂ ਵਿਚ ਰੱਖੇ ਅਤੇ ਸੱਤ ਰੋਜ਼ੇ ਜਦੋਂ ਉਹ ਘਰ ਮੁੜ ਆਵੇ ਇਹ ਪੂਰੇ ਦਸ (ਰੋਜ਼ੇ) ਹਨ। ਇਹ ਹੁਕਮ ਉਸ ਵਿਅਕਤੀ ਲਈ ਹੈ ਜਿਸ ਦੇ ਘਰ ਵਾਲੇ ਮਸਜਿਦੇ ਹਰਾਮ (ਖ਼ਾਨਾ ਕਾਅਬਾ) ਦੇ ਨੇੜੇ ਨਾ ਰਹਿੰਦੇ ਹੋਣ। ਤੁਸੀਂ ਅੱਲਾਹ ਤੋਂ ਡਰਦੇ ਰਹੋ ਅਤੇ ਇਹ ਜਾਣ ਲਵੋ ਕਿ ਬੇਸ਼ੱਕ ਅੱਲਾਹ ਬਹੁਤ ਹੀ ਕਰੜੀ ਸਜ਼ਾ ਦੇਣ ਵਾਲਾ ਹੈ।

197 ਹੱਜ ਦੇ ਨਿਯਤ ਮਹੀਨਿਆਂ ਨੂੰ ਸਾਰੇ ਜਾਣਦੇ ਹਨ, ਸੋ ਜਿਸ ਵਿਅਕਤੀ ਨੇ ਇਹਨਾਂ (ਮਹੀਨਿਆਂ) ਵਿਚ ਹੱਜ ਕਰਨਾ[1] ਆਪਣੇ 'ਤੇ ਲਾਜ਼ਮ ਕਰ ਲਿਆ ਤਾਂ ਉਹ ਹੱਜ ਦੇ ਦਿਨਾਂ ਵਿਚ ਕਾਮਵਾਸਨਾ ਵਾਲੀਆਂ ਗੱਲਾਂ ਨਾ ਕਰੇ, ਨਾ ਹੀ ਅੱਲਾਹ ਦੇ ਹੁਕਮਾਂ ਦੀ ਉਲੰਘਣਾ ਕਰੇ ਅਤੇ ਨਾ ਕਿਸੇ ਤਰ੍ਹਾਂ ਦਾ ਕੋਈ ਲੜਾਈ ਝਗੜਾ ਕਰੇ। ਜਿਹੜੇ ਨੇਕ ਕੰਮ ਤੁਸੀਂ ਕਰਦੇ ਹੋ ਅੱਲਾਹ ਉਹਨਾਂ ਨੂੰ ਜਾਣਦਾ ਹੈ। (ਹੱਜ ਨੂੰ ਜਾਂਦੇ ਹੋਏ) ਵਰਤਣ ਵਾਲਾ ਸਾਮਾਨ ਨਾਲ ਲੈ ਲਿਆ ਕਰੋ ਅਤੇ ਸਭ ਤੋਂ ਵਧੀਆ ਸਫ਼ਰ ਖ਼ਰਚ ਰੱਬ ਦਾ ਡਰ ਹੈ। ਸੋ ਹੇ ਅਕਲ ਵਾਲਿਓ! ਮੈਥੋਂ ਹੀ ਡਰਿਆ ਕਰੋ।

الْحَجُّ أَشْهُرٌ مَّعْلُومَاتٌ ۚ فَمَن فَرَضَ فِيهِنَّ
الْحَجَّ فَلَا رَفَثَ وَلَا فُسُوقَ وَلَا جِدَالَ فِي الْحَجِّ ۗ
وَمَا تَفْعَلُوا مِنْ خَيْرٍ يَعْلَمْهُ اللَّهُ ۗ وَتَزَوَّدُوا فَإِنَّ
خَيْرَ الزَّادِ التَّقْوَىٰ ۚ وَاتَّقُونِ يَا أُولِي الْأَلْبَابِ ﴿١٩٧﴾

[1] ਹੱਜ ਕਰਨ ਦੇ ਤਿੰਨ ਤਰੀਕੇ ਹਨ (1) 'ਹੱਜੇ ਤਮੱਤੋਅ' ਜੇ ਕੁਰਬਾਨੀ ਦਾ ਜਾਨਵਰ ਨਾਲ ਨਹੀਂ ਹੈ ਤਾਂ ਕੇਵਲ ਉਮਰ ਲਈ ਇਹਰਾਮ ਬੰਨ੍ਹੋ, ਉਮਰੇ ਤੋਂ ਵਿਹਲੇ ਹੋ ਕੇ ਇਹਰਾਮ ਖੋਲ੍ਹੋ ਅਤੇ ਮੱਕਾ ਜਾਕੇ ਨਵਾਂ ਇਹਰਾਮ ਬੰਨ੍ਹਿਆ ਜਾਵੇਗਾ। (2) 'ਹੱਜੇ ਇਫ਼ਰਾਦ' ਇਸ ਹੱਜ ਲਈ ਕੇਵਲ ਨਿਯਤ ਕੀਤੀ ਜਾਂਦੀ ਹੈ ਉਮਰਾ ਨਹੀਂ ਅਤੇ ਨਾ ਕੁਰਬਾਨੀ ਕੀਤੀ ਜਾਂਦੀ ਹੈ। ਮੱਕੇ ਦੇ ਵਸਨੀਕ ਹੱਜੇ ਇਫ਼ਰਾਦ ਹੀ ਕਰਦੇ ਹਨ। (3) 'ਹੱਜੇ ਕਿਰਾਨ' ਇਕ ਹੀ ਇਹਰਾਮ ਵਿਚ ਉਮਰਾ ਅਤੇ ਹੱਜ ਕੀਤਾ ਜਾਂਦਾ ਹੈ, ਨਾਲ ਕੁਰਬਾਨੀ ਦਾ ਜਾਨਵਰ ਵੀ ਹੁੰਦਾ ਹੈ।

198. ਜੇ ਤੁਸੀਂ (ਹੱਜ ਦੇ ਦਿਨਾਂ ਵਿਚ) ਅੱਲਾਹ ਦਾ ਫ਼ਜ਼ਲ (ਰੋਟੀ ਰੋਜ਼ੀ) ਨੂੰ ਤਲਾਸ਼ (ਕਰਨ ਲਈ ਮਿਹਨਤ ਮਜ਼ਦੂਰੀ ਜਾਂ ਵਪਾਰ) ਕਰੋ ਤਾਂ ਤੁਹਾਡੇ ਲਈ ਕੋਈ ਗੁਨਾਹ ਵਾਲੀ ਗੱਲ ਨਹੀਂ। ਜਦੋਂ ਤੁਸੀਂ 'ਅਰਫ਼ਾਤ'[1] ਤੋਂ ਪਰਤੋ ਤਾਂ ਮਸ਼ਅਰੇ ਹਰਾਮ[2] (ਮੁਜ਼ਦਲਫ਼ਾ) ਜਾ ਕੇ ਅੱਲਾਹ ਨੂੰ ਯਾਦ ਕਰੋ। ਤੁਸੀਂ (ਅੱਲਾਹ ਨੂੰ) ਇੰਜ ਯਾਦ ਕਰੋ ਜਿਵੇਂ ਅੱਲਾਹ ਨੇ ਤੁਹਾਨੂੰ ਹਿਦਾਇਤ ਦਿੱਤੀ ਹੈ ਜਦ ਕਿ ਇਸ (ਹਿਦਾਇਤ) ਤੋਂ ਪਹਿਲਾਂ ਤੁਸੀਂ ਕੁਰਾਹੇ ਪਏ ਹੋਏ ਸੀ।

لَيْسَ عَلَيْكُمْ جُنَاحٌ أَن تَبْتَغُوا فَضْلًا مِّن رَّبِّكُمْ ۚ فَإِذَا أَفَضْتُم مِّنْ عَرَفَاتٍ فَاذْكُرُوا اللَّهَ عِندَ الْمَشْعَرِ الْحَرَامِ ۖ وَاذْكُرُوهُ كَمَا هَدَاكُمْ وَإِن كُنتُم مِّن قَبْلِهِ لَمِنَ الضَّالِّينَ ﴿١٩٨﴾

199. ਫਿਰ ਜਿੱਥੋਂ ਸਾਰੇ ਲੋਕ ਮੁੜਦੇ ਹਨ ਉਸੇ ਥਾਂ ਤੋਂ ਤੁਸੀਂ ਵੀ ਮੁੜ ਆਓ ਅੱਲਾਹ ਤੋਂ (ਭਲਾਈ ਲਈ) ਮੁਆਫ਼ੀ ਮੰਗੋ। ਬੇਸ਼ੱਕ ਅੱਲਾਹ ਹੀ ਬਖ਼ਸ਼ਣਹਾਰ ਅਤੇ ਅਤਿਅੰਤ ਰਹਿਮ ਫ਼ਰਮਾਉਣ ਵਾਲਾ ਹੈ।

ثُمَّ أَفِيضُوا مِنْ حَيْثُ أَفَاضَ النَّاسُ وَاسْتَغْفِرُوا اللَّهَ ۚ إِنَّ اللَّهَ غَفُورٌ رَّحِيمٌ ﴿١٩٩﴾

200. ਜਦੋਂ ਤੁਸੀਂ ਹੱਜ ਸੰਬੰਧੀ ਸਾਰੇ ਅਰਕਾਨ (ਨਿਯਤ ਕੰਮ) ਕਰ ਲਵੋ ਤਾਂ ਅੱਲਾਹ ਨੂੰ ਇੰਜ ਯਾਦ ਕਰੋ ਜਿਵੇਂ ਆਪਣੇ ਪਿਓ ਦਾਦਿਆਂ ਨੂੰ ਯਾਦ ਕਰਿਆ ਕਰਦੇ ਸੀ। ਸਗੋਂ ਉਸ ਤੋਂ ਵੀ ਵੱਧ (ਅੱਲਾਹ ਦੀ ਵਡਿਆਈ ਦੀ ਚਰਚਾ ਕਰੋ)। ਉਹਨਾਂ ਵਿੱਚੋਂ ਕੋਈ ਤਾਂ ਅਜਿਹਾ ਹੈ ਜੋ ਕਹਿੰਦਾ ਹੈ ਕਿ ਹੇ ਸਾਡੇ ਰੱਬ! ਸਾਨੂੰ ਸੰਸਾਰ ਵਿਚ ਹੀ (ਸਭ ਕੁੱਝ) ਦੇ ਦੇਵੀਂ। ਅਜਿਹੇ ਵਿਅਕਤੀ ਲਈ ਆਖ਼ਿਰਤ ਵਿਚ ਕੁੱਝ ਵੀ ਹਿੱਸਾ ਨਹੀਂ।

فَإِذَا قَضَيْتُم مَّنَاسِكَكُمْ فَاذْكُرُوا اللَّهَ كَذِكْرِكُمْ آبَاءَكُمْ أَوْ أَشَدَّ ذِكْرًا ۗ فَمِنَ النَّاسِ مَن يَقُولُ رَبَّنَا آتِنَا فِي الدُّنْيَا وَمَا لَهُ فِي الْآخِرَةِ مِنْ خَلَاقٍ ﴿٢٠٠﴾

---

1 ਅਰਫ਼ਾਤ" ਮੱਕੇ ਤੋਂ ਕੁੱਝ ਹੀ ਦੂਰੀ 'ਤੇ ਇਕ ਮੈਦਾਨ ਹੈ ਜਿੱਥੇ 9 ਜ਼ਿਲਹੱਜ ਨੂੰ ਸੂਰਜ ਦੇ ਢਲਣ ਤੋਂ ਲੈਕੇ ਸੂਰਜ ਦੇ ਡੁੱਬਣ ਤਕ ਠਹਿਰਨਾ ਜ਼ਰੂਰੀ ਹੈ।

2 "ਮਸ਼ਅਰੇ ਹਰਾਮ" ਇਸ ਨੂੰ ਮੁਜ਼ਦਲਫ਼ਾ ਵੀ ਕਿਹਾ ਜਾਂਦਾ ਹੈ। ਮੁਜ਼ਦਲਫ਼ਾ ਮੱਕੇ ਦੇ ਨੇੜੇ ਇਕ ਪ੍ਰਸਿੱਧ ਥਾਂ ਹੈ ਜਿੱਥੇ ਨੌਵੀਂ ਤੇ ਦਸਵੀਂ ਜ਼ਿਲਹੱਜ ਦੀ ਵਿਚਕਾਰ ਵਾਲੀ ਰਾਤ ਹਾਜੀ ਗੁਜ਼ਾਰਦੇ ਹਨ।

201. ਅਤੇ ਉਹਨਾਂ ਵਿੱਚੋਂ ਕੁੱਝ ਉਹ ਹਨ ਜਿਹੜੇ ਅਰਦਾਸ ਕਰਦੇ ਹਨ ਕਿ ਹੇ ਸਾਡੇ ਮਾਲਿਕ। ਸਾਨੂੰ ਦੁਨੀਆਂ ਵਿਚ ਵੀ ਭਲਾਈ ਦੇ ਅਤੇ ਆਖ਼ਿਰਤ ਵਿਚ ਵੀ ਭਲਾਈ ਦੇ ਅਤੇ ਸਾਨੂੰ (ਨਰਕ ਦੀ) ਅੱਗ ਤੋਂ ਸੁਰੱਖਿਅਤ ਰੱਖ।

وَمِنْهُم مَّن يَقُولُ رَبَّنَآ ءَاتِنَا فِى ٱلدُّنْيَا حَسَنَةً وَفِى ٱلْءَاخِرَةِ حَسَنَةً وَقِنَا عَذَابَ ٱلنَّارِ ﴿٢٠١﴾

202. ਅਜਿਹੇ ਲੋਕਾਂ ਨੂੰ ਉਹਨਾਂ ਦੀ ਕਮਾਈ ਅਨੁਸਾਰ ਹੀ (ਆਖ਼ਿਰਤ ਵਿਚ) ਹਿੱਸਾ ਮਿਲੇਗਾ। ਅੱਲਾਹ ਛੇਤੀ ਹੀ ਹਿਸਾਬ ਲੈਣ ਵਾਲਾ ਹੈ।

أُو۟لَٰٓئِكَ لَهُمْ نَصِيبٌ مِّمَّا كَسَبُوا۟ ۚ وَٱللَّهُ سَرِيعُ ٱلْحِسَابِ ﴿٢٠٢﴾

203. (ਹੱਜ ਦੇ) ਇਹਨਾਂ ਗਿਣਤੀ ਦੇ ਕੁੱਝ ਦਿਨਾਂ ਵਿਚ ਤੁਸੀਂ ਵੱਧ ਤੋਂ ਵੱਧ ਅੱਲਾਹ ਨੂੰ ਯਾਦ ਕਰੋ।[1] ਫਿਰ ਜਿਹੜਾ ਕੋਈ ਛੇਤੀ ਕਰਕੇ ਦੋ ਦਿਨ ਵਿਚ ਹੀ (ਮਿਨਾ ਤੋਂ ਮੱਕੇ ਵੱਲ) ਮੁੜ ਆਵੇ ਤਾਂ ਕੋਈ ਗੁਨਾਹ ਨਹੀਂ ਅਤੇ ਜਿਸ ਨੇ ਮੁੜਨ ਵਿਚ ਇਕ ਦਿਨ ਦੀ ਦੇਰੀ ਕੀਤੀ ਤਾਂ ਵੀ ਕੋਈ ਗੁਨਾਹ ਨਹੀਂ। ਪਰ ਸ਼ਰਤ ਇਹ ਹੈ ਕਿ ਉਹ ਰੱਬ ਤੋਂ ਡਰਦਾ ਰਹੇ। ਤੁਸੀਂ ਸਾਰੇ ਅੱਲਾਹ ਤੋਂ ਹੀ ਡਰੋ ਅਤੇ ਚੰਗੀ ਤਰ੍ਹਾਂ ਜਾਣ ਲਓ ਕਿ ਇਕ ਦਿਨ ਉਸ ਦੀ ਹਜ਼ੂਰੀ ਵਿਚ ਇਕੱਠਾ ਹੋਣਾ ਹੈ।

وَٱذْكُرُوا۟ ٱللَّهَ فِىٓ أَيَّامٍ مَّعْدُودَٰتٍ ۚ فَمَن تَعَجَّلَ فِى يَوْمَيْنِ فَلَآ إِثْمَ عَلَيْهِ وَمَن تَأَخَّرَ فَلَآ إِثْمَ عَلَيْهِ ۚ لِمَنِ ٱتَّقَىٰ ۗ وَٱتَّقُوا۟ ٱللَّهَ وَٱعْلَمُوٓا۟ أَنَّكُمْ إِلَيْهِ تُحْشَرُونَ ﴿٢٠٣﴾

204. (ਹੇ ਨਬੀ!) ਕੋਈ ਤਾਂ ਅਜਿਹਾ ਹੈ ਜਿਸ ਦੀਆਂ ਗੱਲਾਂ ਤੁਹਾਨੂੰ ਸੰਸਾਰਿਕ ਜੀਵਨ ਵਿਚ ਬਹੁਤ ਚੰਗੀਆਂ ਲਗਦੀਆਂ ਹਨ ਅਤੇ ਜੋ ਉਹਨਾਂ ਦੇ ਦਿਲਾਂ ਵਿਚ (ਖੋਟ) ਹੈ ਉਸ ਲਈ ਉਹ ਅੱਲਾਹ ਨੂੰ ਗਵਾਹ ਬਣਾਉਂਦੇ ਹਨ (ਕਿ ਉਹੀਓ ਸੱਚਾ ਹੈ) ਜਦ ਕਿ ਉਹ (ਹੱਠ ਪੁਣੀ) ਬਹੁਤ ਹੀ ਝਗੜਾਲੂ ਹੈ।[2]

وَمِنَ ٱلنَّاسِ مَن يُعْجِبُكَ قَوْلُهُۥ فِى ٱلْحَيَوٰةِ ٱلدُّنْيَا وَيُشْهِدُ ٱللَّهَ عَلَىٰ مَا فِى قَلْبِهِۦ وَهُوَ أَلَدُّ ٱلْخِصَامِ ﴿٢٠٤﴾

---

[1] ਅਰਫ਼ਾਤ ਤੋਂ ਮਿਨਾ ਦੀ ਵਾਪਸੀ ਤੇ ਜ਼ਿਲਹੱਜ ਦੀ ਗਿਆਰ੍ਹਵੀਂ ਬਾਰ੍ਹਵੀਂ ਤੇ ਤੇਰ੍ਹਵੀਂ ਤਾਰੀਖ਼ਾਂ ਵਿਚ ਅੱਲਾਹ ਦਾ ਜ਼ਿਕਰ ਅਤੇ ਤਕਬੀਰਾਂ ਪੜ੍ਹਣ ਦਾ ਹੁਕਮ ਹੈ। ਇਹਨਾਂ ਦਿਨਾਂ ਨੂੰ 'ਅੱਯਾਮੇ ਮਾਅਦੂਦਾਤ' ਜਾਂ 'ਅੱਯਾਮੇ ਤਸ਼ਰੀਕ' ਵੀ ਕਿਹਾ ਜਾਂਦਾ ਹੈ।

[2] ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ ਅੱਲਾਹ ਦੀਆਂ ਨਜ਼ਰਾਂ ਵਿਚ ਸਭ ਤੋਂ ਵੱਧ ਭੈੜਾ ਉਹ ਵਿਅਕਤੀ ਹੈ ਜਿਹੜਾ ਝਗੜਾਲੂ ਹੈ। (ਸਹੀ ਬੁਖ਼ਾਰੀ, ਹਦੀਸ: 4523)

205 ਜਦੋਂ ਉਹ (ਝਗੜਾਲੂ ਆਪਣੀ ਅਸਲੀਅਤ ਵੱਲ) ਪਰਤਦਾ ਹੈ ਤਾਂ ਉਹ ਕੋਸ਼ਿਸ਼ ਕਰਦਾ ਹੈ ਕਿ ਧਰਤੀ ਵਿਚ ਫ਼ਸਾਦ ਫੈਲਾਵੇ, ਖੇਤਾਂ ਅਤੇ (ਮਨੁੱਖੀ) ਨਸਲਾਂ ਨੂੰ ਉਜਾੜ ਦੇਵੇ। ਜਦ ਕਿ ਅੱਲਾਹ ਵਿਗਾੜ ਨੂੰ (ਉੱਕਾ) ਪਸੰਦ ਨਹੀਂ ਕਰਦਾ।

وَإِذَا تَوَلَّىٰ سَعَىٰ فِي الْأَرْضِ لِيُفْسِدَ فِيهَا وَيُهْلِكَ
الْحَرْثَ وَالنَّسْلَ ۗ وَاللَّهُ لَا يُحِبُّ الْفَسَادَ (205)

206. ਜਦੋਂ ਉਸ ਨੂੰ ਕਿਹਾ ਜਾਂਦਾ ਹੈ ਕਿ ਅੱਲਾਹ ਤੋਂ ਡਰ ਤਾਂ ਉਸ ਦਾ ਘਮੰਡ ਉਸ ਨੂੰ ਗੁਨਾਹ ਕਰਨ ਲਈ ਉਭਾਰਦਾ ਹੈ। ਸੋ ਅਜਿਹੇ ਵਿਅਕਤੀ ਲਈ ਨਰਕ ਹੀ ਬਥੇਰੀ ਹੈ ਜਿਹੜੀ ਕਿ ਬਹੁਤ ਹੀ ਭੈੜੀ ਥਾਂ ਹੈ।

وَإِذَا قِيلَ لَهُ اتَّقِ اللَّهَ أَخَذَتْهُ الْعِزَّةُ بِالْإِثْمِ
فَحَسْبُهُ جَهَنَّمُ ۚ وَلَبِئْسَ الْمِهَادُ (206)

207. ਲੋਕਾਂ ਵਿਚ ਕੁੱਝ ਵਿਅਕਤੀ ਅਜਿਹੇ ਵੀ ਹਨ ਜਿਹੜੇ ਅੱਲਾਹ ਦੀ ਰਜ਼ਾ ਪ੍ਰਾਪਤ ਕਰਨ ਲਈ ਆਪਣੇ ਆਪ ਨੂੰ (ਰੱਬ ਦੇ ਹੱਥ) ਵੇਚ ਦਿੰਦੇ ਹਨ ਅਤੇ ਅੱਲਾਹ ਵੀ ਆਪਣੇ ਅਜਿਹੇ ਬੰਦਿਆਂ ਉੱਤੇ ਬਹੁਤ ਮਿਹਰਬਾਨ ਹੈ।

وَمِنَ النَّاسِ مَنْ يَشْرِي نَفْسَهُ ابْتِغَاءَ
مَرْضَاتِ اللَّهِ ۗ وَاللَّهُ رَءُوفٌ بِالْعِبَادِ (207)

208. ਹੇ ਲੋਕੋ! ਜਿਹੜੇ ਈਮਾਨ ਲਿਆਏ ਹੋ! ਤੁਸੀਂ ਪੂਰੀ ਤਰ੍ਹਾਂ ਇਸਲਾਮ ਵਿਚ ਦਾਖ਼ਿਲ ਹੋ ਜਾਓ ਅਤੇ ਸ਼ੈਤਾਨ ਦੀ ਪੈਰਵੀ ਨਾ ਕਰੋ ਕਿਉਂ ਜੋ ਸ਼ੈਤਾਨ ਤੁਹਾਡਾ ਖੁੱਲ੍ਹਾ ਦੁਸ਼ਮਨ ਹੈ।

يَا أَيُّهَا الَّذِينَ آمَنُوا ادْخُلُوا فِي السِّلْمِ كَافَّةً وَلَا
تَتَّبِعُوا خُطُوَاتِ الشَّيْطَانِ ۚ إِنَّهُ لَكُمْ عَدُوٌّ مُبِينٌ (208)

209. ਜੇ ਤੁਸੀਂ (ਕੁਰਆਨ ਦੀਆਂ) ਖੁੱਲ੍ਹੀਆਂ ਦਲੀਲਾਂ ਆਉਣ ਤੋਂ ਬਾਅਦ ਵੀ (ਸਿੱਧੀ ਰਾਹ ਤੋਂ) ਤਿਲਕ ਗਏ ਤਾਂ ਯਾਦ ਰੱਖੋ ਕਿ ਬੇਸ਼ੱਕ ਅੱਲਾਹ ਜ਼ੋਰਾਵਰ ਅਤੇ ਹਿਕਮਤਾਂ ਵਾਲਾ ਹੈ।

فَإِنْ زَلَلْتُمْ مِنْ بَعْدِ مَا جَاءَتْكُمُ الْبَيِّنَاتُ
فَاعْلَمُوا أَنَّ اللَّهَ عَزِيزٌ حَكِيمٌ (209)

210. ਕੀ ਉਹ ਲੋਕੀ ਇਸ ਉਡੀਕ 'ਚ ਹਨ ਕਿ ਅੱਲਾਹ ਅਤੇ ਫ਼ਰਿਸ਼ਤੇ ਬੱਦਲਾਂ ਦੀ ਛਤਰ ਛਾਇਆ ਵਿਚ ਉਹਨਾਂ ਦੇ ਸਾਹਮਣੇ ਆ ਖਲੋਵਣ ਤਾਂ ਜੋ ਉਨ੍ਹਾਂ ਦਾ ਫ਼ੈਸਲਾ ਕਰ ਦਿੱਤਾ ਜਾਵੇ? ਅੰਤ

هَلْ يَنْظُرُونَ إِلَّا أَنْ يَأْتِيَهُمُ اللَّهُ فِي ظُلَلٍ مِنَ
الْغَمَامِ وَالْمَلَائِكَةُ وَقُضِيَ الْأَمْرُ ۚ وَإِلَى اللَّهِ
تُرْجَعُ الْأُمُورُ (210)

ਨੂੰ ਸਾਰੇ ਮੁਆਮਲੇ ਤਾਂ ਅੱਲਾਹ ਦੇ ਕੋਲ ਹੀ ਪੇਸ਼ ਹੋਣੇ ਹਨ।

سَلْ بَنِيْٓ اِسْرَاۗءِيْلَ كَمْ اٰتَيْنٰھُمْ مِّنْ اٰيَةٍۢ بَيِّنَةٍ ۭ
وَمَنْ يُّبَدِّلْ نِعْمَةَ اللّٰهِ مِنْۢ بَعْدِ مَا جَاۗءَتْهُ
فَاِنَّ اللّٰهَ شَدِيْدُ الْعِقَابِ ٢١١

211 ਬਨੀ ਇਸਰਾਈਲ ਤੋਂ ਪੁੱਛੋ ਕਿ ਅਸੀਂ ਉਹਨਾਂ ਨੂੰ ਸਪਸ਼ਟ ਰੂਪ ਵਿਚ ਕਿੰਨੀਆਂ ਨਿਸ਼ਾਨੀਆਂ ਦਿੱਤੀਆਂ ਸਨ, ਫਿਰ ਜਿਹੜਾ ਕੋਈ ਅੱਲਾਹ ਦੀਆਂ ਨਿਆਮਤਾਂ ਮਿਲ ਜਾਣ ਤੋਂ ਬਾਅਦ ਉਸ ਨੂੰ ਬਦਲ ਦੇਵੇ ਤਾਂ ਬੇਸ਼ੱਕ ਅੱਲਾਹ (ਅਜਿਹੇ ਵਿਅਕਤੀ ਨੂੰ) ਕਰੜੀ ਸਜ਼ਾ ਦੇਣ ਵਾਲਾ ਹੈ।

زُيِّنَ لِلَّذِيْنَ كَفَرُوا الْحَيٰوةُ الدُّنْيَا وَيَسْخَرُوْنَ
مِنَ الَّذِيْنَ اٰمَنُوْا ۘ وَالَّذِيْنَ اتَّقَوْا فَوْقَهُمْ يَوْمَ
الْقِيٰمَةِ ۭ وَاللّٰهُ يَرْزُقُ مَنْ يَّشَاۗءُ بِغَيْرِ حِسَابٍ ٢١٢

212. ਜਿਨ੍ਹਾਂ ਲੋਕਾਂ ਨੇ ਕੁਫ਼ਰ ਕੀਤਾ ਉਹਨਾਂ ਲਈ ਸੰਸਾਰਿਕ ਜੀਵਨ ਨੂੰ ਸਜਾ ਸੰਵਾਰ ਦਿੱਤਾ ਗਿਆ ਹੈ। ਇਹ ਲੋਕ ਈਮਾਨ ਵਾਲਿਆਂ ਨਾਲ ਮਖ਼ੌਲ ਕਰਦੇ ਹਨ ਅਤੇ ਜਿਹੜੇ ਲੋਕੀ ਰੱਬ ਤੋਂ ਡਰਨ ਵਾਲੇ ਹਨ ਉਹ ਕਿਆਮਤ ਦਿਹਾੜੇ ਉਹਨਾਂ (ਕਾਫ਼ਰਾਂ) ਤੋਂ ਉੱਚੇ ਦਰਜਿਆਂ ਵਿਚ ਹੋਣਗੇ। ਅੱਲਾਹ ਜਿਸ ਨੂੰ ਚਾਹੁੰਦਾ ਹੈ ਬੇਹਿਸਾਬ ਰਿਜ਼ਕ (ਨਿਆਮਤਾਂ) ਦਿੰਦਾ ਹੈ।

كَانَ النَّاسُ اُمَّةً وَّاحِدَةً ۣ فَبَعَثَ اللّٰهُ النَّبِيّٖنَ
مُبَشِّرِيْنَ وَمُنْذِرِيْنَ ۠ وَاَنْزَلَ مَعَهُمُ الْكِتٰبَ
بِالْحَقِّ لِيَحْكُمَ بَيْنَ النَّاسِ فِـيْمَا اخْتَلَفُوْا فِيْهِ ۭ
وَمَا اخْتَلَفَ فِيْهِ اِلَّا الَّذِيْنَ اُوْتُوْهُ مِنْۢ بَعْدِ
مَا جَاۗءَتْهُمُ الْبَيِّنٰتُ بَغْيًۢا بَيْنَهُمْ ۚ فَهَدَى اللّٰهُ
الَّذِيْنَ اٰمَنُوْا لِمَا اخْتَلَفُوْا فِيْهِ مِنَ الْحَقِّ بِاِذْنِهٖ ۭ
وَاللّٰهُ يَهْدِيْ مَنْ يَّشَاۗءُ اِلٰى صِرَاطٍ مُّسْتَقِيْمٍ ٢١٣

213. (ਅਰੰਭ ਵਿਚ) ਸਾਰੇ ਹੀ ਲੋਕ ਇਕ ਹੀ ਉੱਮਤ (ਜਮਾਅਤ) ਸਨ (ਜਦੋਂ ਇਹਨਾਂ ਵਿਚ ਮਤਭੇਦ ਹੋਣ ਲੱਗੇ) ਫਿਰ ਅੱਲਾਹ ਨੇ ਨਬੀ ਭੇਜੇ (ਜਿਹੜੇ ਨੇਕ ਕਰਮਾਂ ਵਾਲਿਆਂ ਨੂੰ) ਖ਼ੁਸ਼ਖ਼ਬਰੀਆਂ ਦੇਣ ਵਾਲੇ ਅਤੇ (ਭੈੜੇ ਕਰਮਾਂ ਵਾਲਿਆਂ ਨੂੰ ਨਰਕ ਤੋਂ) ਡਰਾਉਣ ਵਾਲੇ ਸਨ ਅਤੇ ਉਨ੍ਹਾਂ ਨਾਲ ਉਸ ਨੇ ਸੱਚੀਆਂ ਕਿਤਾਬਾਂ ਵੀ ਉਤਾਰੀਆਂ ਤਾਂ ਜੋ ਜਿਨ੍ਹਾਂ ਗੱਲਾਂ ਵਿਚ ਲੋਕੀ ਮਤਭੇਦ ਕਰਦੇ ਸਨ ਉਹਨਾਂ ਵਿਚਕਾਰ ਫ਼ੈਸਲਾ ਕਰ ਸਕਣ। ਇਹ ਮਤਭੇਦ ਉਹਨਾਂ ਲੋਕਾਂ ਵਿਚਾਲੇ ਹਟਧਰਮੀ ਕਾਰਨ ਹੀ ਹੋਏ ਸਨ, ਹਾਲਾਂ ਕਿ ਜਿਨ੍ਹਾਂ ਨੂੰ ਕਿਤਾਬ ਦਿੱਤੀ ਗਈ ਸੀ, ਉਨ੍ਹਾਂ ਕੋਲ ਖੁੱਲ੍ਹੀਆਂ ਦਲੀਲਾਂ ਆ ਚੁੱਕੀਆਂ ਸਨ। ਪਰ ਜਿਹੜੇ ਈਮਾਨ ਲੈ ਆਏ ਉਨ੍ਹਾਂ ਨੂੰ ਅੱਲਾਹ ਨੇ ਆਪਣੇ ਹੁਕਮ ਨਾਲ (ਉਹਨਾਂ ਕਿਤਾਬਾਂ ਦੁਆਰਾ)

ਹੱਕ ਸੱਚ ਦਾ ਉਹ ਰਾਹ ਵਿਖਾਇਆ ਜਿਸ ਵਿਚ ਲੋਕਾਂ ਨੇ ਮਤਭੇਦ ਕੀਤੇ ਸੀ। ਅੱਲਾਹ ਜਿਸ ਨੂੰ ਚਾਹੁੰਦਾ ਹੈ ਸਿੱਧੀ ਰਾਹ ਵਿਖਾ ਦਿੰਦਾ ਹੈ।

أَمْ حَسِبْتُمْ أَن تَدْخُلُوا الْجَنَّةَ وَلَمَّا يَأْتِكُم مَّثَلُ
الَّذِينَ خَلَوْا مِن قَبْلِكُم ۖ مَّسَّتْهُمُ الْبَأْسَاءُ وَ
الضَّرَّاءُ وَزُلْزِلُوا حَتَّىٰ يَقُولَ الرَّسُولُ وَالَّذِينَ آمَنُوا
مَعَهُ مَتَىٰ نَصْرُ اللَّهِ ۗ أَلَا إِنَّ نَصْرَ اللَّهِ قَرِيبٌ ﴿٢١٤﴾

214. ਕੀ ਤੁਸੀਂ ਇਸੇ ਗੁਮਾਨ ਵਿਚ (ਮਸਤ) ਹੋ ਕਿ ਜੰਨਤ ਵਿਚ ਤੁਸੀਂ ਐਵੇਂ ਹੀ ਦਾਖ਼ਲ ਹੋ ਜਾਓਗੇ? ਜੱਦ ਕਿ ਹਾਲਾਂ ਤੁਹਾਨੂੰ ਉਹਨਾਂ ਲੋਕਾਂ ਵਾਂਗ (ਮੁਸ਼ਕਲਾਂ ਤੇ ਮੁਸੀਬਤਾਂ) ਦਾ ਸਾਹਮਣਾ ਨਹੀਂ ਕਰਨਾ ਪਿਆ ਜਿਹੜੀਆਂ ਕਠਿਨਾਈਆਂ ਅਤੇ ਮੁਸੀਬਤਾਂ, ਵਿੱਚੋਂ ਤੁਹਾਥੋਂ ਪਹਿਲਾਂ (ਈਮਾਨ ਵਾਲਿਆਂ ਨੂੰ) ਲੰਘਣਾ ਪਿਆ ਸੀ ਅਤੇ ਉਹ ਹਲੂਣ ਸੁੱਟੇ ਗਏ ਸਨ ਇੱਥੋਂ ਤਕ ਕਿ ਸਮੇਂ ਦੇ ਰਸੂਲ ਅਤੇ ਈਮਾਨ ਲਿਆਉਣ ਵਾਲੇ ਲੋਕ (ਕੁਰਲਾ ਕੇ) ਆਖਣ ਲੱਗੇ ਕਿ ਅੱਲਾਹ ਦੀ ਮਦਦ ਕਦੋਂ ਆਵੇਗੀ? ਜਾਣ ਲਓ ਕਿ ਬੇਸ਼ੱਕ ਅੱਲਾਹ ਦੀ ਮਦਦ ਮੋਮਿਨਾਂ ਦੇ ਨੇੜੇ ਹੀ ਹੈ।

يَسْأَلُونَكَ مَاذَا يُنفِقُونَ ۖ قُلْ مَا أَنفَقْتُم مِّنْ
خَيْرٍ فَلِلْوَالِدَيْنِ وَالْأَقْرَبِينَ وَالْيَتَامَىٰ وَالْمَسَاكِينِ
وَابْنِ السَّبِيلِ ۗ وَمَا تَفْعَلُوا مِنْ خَيْرٍ فَإِنَّ اللَّهَ
بِهِ عَلِيمٌ ﴿٢١٥﴾

215. (ਹੇ ਨਬੀ) ਲੋਕੀ ਤੁਹਾਥੋਂ ਪੁੱਛਦੇ ਹਨ ਕਿ ਉਹ (ਰੱਬ ਦੀ ਰਾਹ ਵਿਚ) ਕੀ ਖ਼ਰਚ ਕਰਨ? ਤੁਸੀਂ ਆਖ ਦਿਓ ਕਿ ਤੁਸੀਂ ਆਪਣੇ ਮਾਲ ਵਿੱਚੋਂ ਜਿਹੜਾ ਵੀ ਖ਼ਰਚ ਕਰੋ ਉਹ ਆਪਣੇ ਮਾਪਿਆਂ, ਰਿਸ਼ਤੇਦਾਰਾਂ, ਯਤੀਮਾਂ, ਮੁਥਾਜਾਂ ਅਤੇ ਮੁਸਾਫ਼ਿਰਾਂ ਉੱਤੇ ਖ਼ਰਚ ਕਰੋ। ਤੁਸੀਂ ਜੋ ਵੀ ਭਲਾਈ ਕਰੋਗੇ ਬੇਸ਼ੱਕ ਅੱਲਾਹ ਉਸ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

كُتِبَ عَلَيْكُمُ الْقِتَالُ وَهُوَ كُرْهٌ لَّكُمْ ۖ وَعَسَىٰ أَن
تَكْرَهُوا شَيْئًا وَهُوَ خَيْرٌ لَّكُمْ ۖ وَعَسَىٰ أَن تُحِبُّوا
شَيْئًا وَهُوَ شَرٌّ لَّكُمْ ۗ وَاللَّهُ يَعْلَمُ وَأَنتُمْ
لَا تَعْلَمُونَ ﴿٢١٦﴾

216. (ਹੇ ਮੋਮਿਨੋ!) ਤੁਹਾਡੇ 'ਤੇ ਜਿਹਾਦ[1] ਕਰਨਾ ਫ਼ਰਜ਼ ਕੀਤਾ ਗਿਆ ਹੈ ਭਾਵੇਂ ਕਿ ਇਹ ਤੁਹਾਨੂੰ ਬੁਰਾ ਲਗਦਾ ਹੈ। ਹੋ ਸਕਦਾ ਹੈ ਕਿ ਤੁਸੀਂ ਕਿਸੇ ਚੀਜ਼ ਨੂੰ ਪਸੰਦ ਨਾ ਕਰੋ ਅਤੇ ਉਹੀਓ ਤੁਹਾਡੇ ਲਈ ਵਧੀਆ ਹੋਵੇ ਅਤੇ ਇਹ ਵੀ ਹੋ ਸਕਦਾ ਹੈ

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 190/2

ਕਿ ਤੁਸੀਂ ਕਿਸੇ ਚੀਜ਼ ਨੂੰ ਪਸੰਦ ਕਰਦੇ ਹੋਵੋ ਅਤੇ ਉਹੀਓ ਤੁਹਾਡੇ ਲਈ ਭੈੜੀ (ਸਿੱਧ) ਹੋਵੇ। ਅੱਲਾਹ ਹੀ (ਚੰਗਾ ਜਾਂ ਬੁਰਾ) ਜਾਣਦਾ ਹੈ ਤੁਸੀਂ ਨਹੀਂ ਜਾਣਦੇ।

217. (ਹੇ ਨਬੀ!) ਲੋਕੀ ਤੁਹਾਥੋਂ ਹੁਰਮਤ (ਆਦਰਮਾਨ) ਵਾਲੇ ਮਹੀਨਿਆਂ ਬਾਰੇ ਪੁੱਛਦੇ ਹਨ ਕਿ ਇਹਨਾਂ ਵਿਚ ਲੜਨਾ ਕਿਵੇਂ ਹੈ? ਤੁਸੀਂ ਆਖ ਦਿਓ ਕਿ ਇਹਨਾਂ (ਮਹੀਨਿਆਂ) ਵਿਚ ਲੜਨਾ ਬਹੁਤ ਵੱਡਾ ਗੁਨਾਹ ਹੈ ਪਰ ਲੋਕਾਂ ਨੂੰ ਅੱਲਾਹ ਦੇ ਰਾਹ ਚੱਲਣ ਤੋਂ ਰੋਕਣਾ, ਅੱਲਾਹ ਦੇ ਨਾਲ ਕੁਫ਼ਰ ਕਰਨਾ, ਮਸਜਿਦ ਏ ਹਰਾਮ (ਖ਼ਾਨਾ ਕਾਅਬਾ) ਜਾਣ ਤੋਂ ਰੋਕਣਾ ਅਤੇ ਹਰਮ ਦੇ ਰਹਿਣ ਵਾਲਿਆਂ ਨੂੰ ਉਥੋਂ ਕੱਢਣਾ ਅੱਲਾਹ ਦੀਆਂ ਨਜ਼ਰਾਂ ਵਿਚ ਇਸ (ਲੜਾਈ) ਤੋਂ ਵੀ ਵੱਡਾ ਪਾਪ ਹੈ ਅਤੇ ਫ਼ਿਤਨਾ[1] ਭੜਕਾਉਣਾ (ਈਮਾਨ ਤੋਂ ਬਿਚਲਾਉਣਾ) ਕਤਲ ਨਾਲੋਂ ਵੀ ਵੱਡਾ ਗੁਨਾਹ ਹੈ। ਇਹ ਕਾਫ਼ਿਰ ਤਾਂ ਤੁਹਾਡੇ ਨਾਲ ਲੜਦੇ ਹੀ ਰਹਿਣਗੇ। ਜੇ ਉਹਨਾਂ ਦਾ ਵੱਸ ਚੱਲੇ ਤਾਂ ਉਹ ਤੁਹਾਨੂੰ ਤੁਹਾਡੇ ਦੀਨ (ਧਰਮ) ਤੋਂ ਵੀ ਫੇਰ ਦੇਣ। ਤੁਹਾਡੇ ਵਿੱਚੋਂ ਜੇ ਕੋਈ ਆਪਣੇ ਦੀਨ (ਇਸਲਾਮ) ਤੋਂ ਫਿਰ ਜਾਵੇ ਅਤੇ ਕੁਫ਼ਰ ਦੀ ਹਾਲਤ ਵਿਚ ਹੀ ਮਰ ਜਾਵੇ ਤਾਂ ਉਹਨਾਂ ਲੋਕਾਂ ਵੱਲੋਂ ਕੀਤੇ ਕਰਮ ਦੁਨੀਆਂ ਤੇ ਆਖ਼ਿਰਤ ਵਿਚ ਬਰਬਾਦ ਹੋਣਗੇ ਅਤੇ ਅਜਿਹੇ ਸਭ ਲੋਕ ਨਰਕੀ ਹਨ ਜਿੱਥੇ ਉਹ ਸਦਾ ਲਈ ਰਹਿਣਗੇ।

يَسْـَٔلُونَكَ عَنِ الشَّهْرِ الْحَرَامِ قِتَالٍ فِيهِ ۖ قُلْ
قِتَالٌ فِيهِ كَبِيرٌ ۖ وَصَدٌّ عَنْ سَبِيلِ اللَّهِ
وَكُفْرٌۢ بِهِۦ وَالْمَسْجِدِ الْحَرَامِ وَإِخْرَاجُ أَهْلِهِۦ
مِنْهُ أَكْبَرُ عِنْدَ اللَّهِ ۚ وَالْفِتْنَةُ أَكْبَرُ مِنَ
الْقَتْلِ ۗ وَلَا يَزَالُونَ يُقَاتِلُونَكُمْ حَتَّىٰ يَرُدُّوكُمْ
عَنْ دِينِكُمْ إِنِ اسْتَطَاعُوا ۚ وَمَنْ يَرْتَدِدْ
مِنْكُمْ عَنْ دِينِهِۦ فَيَمُتْ وَهُوَ كَافِرٌ فَأُولَٰٓئِكَ
حَبِطَتْ أَعْمَالُهُمْ فِي الدُّنْيَا وَالْآخِرَةِ ۖ وَأُولَٰٓئِكَ
أَصْحَابُ النَّارِ ۖ هُمْ فِيهَا خَالِدُونَ ﴿٢١٧﴾

[1] "ਫ਼ਿਤਨਾ" ਦਾ ਅਰਥ ਸ਼ਿਰਕ ਹੈ, ਭਾਵ ਅੱਲਾਹ ਦਾ ਦੂਜਿਆਂ ਨੂੰ ਸਾਂਝੀ ਬਣਾਉਣਾ ਅਤੇ ਈਮਾਨ ਲਿਆਉਣ ਤੋਂ ਬਾਅਦ ਉਸ ਦਾ ਇਨਕਾਰ ਕਰਨਾ। ਜਿਹੜੀਆਂ ਮੁਸੀਬਤਾਂ ਜਾਂ ਪਰੇਸ਼ਾਨੀਆਂ ਅੱਲਾਹ ਵੱਲੋਂ ਅਜ਼ਮਾਇਸ਼ ਲਈ ਹੁੰਦੀਆਂ ਹਨ ਉਸ ਨੂੰ ਵੀ ਫ਼ਿਤਨਾ ਕਿਹਾ ਜਾਂਦਾ ਹੈ।

218. ਜਿਹੜੇ ਲੋਕ ਈਮਾਨ ਲਿਆਏ, ਹਿਜਰਤ ਕੀਤੀ ਅਤੇ ਅੱਲਾਹ ਦੀ ਰਾਹ ਵਿਚ ਜਿਹਾਦ ਵੀ ਕੀਤਾ ਉਹ ਲੋਕ ਹੀ ਅੱਲਾਹ ਦੀਆਂ ਮਿਹਰਾਂ ਦੀ ਆਸ ਰੱਖਦੇ ਹਨ। ਅੱਲਾਹ ਬਹੁਤ ਹੀ ਬਖ਼ਸ਼ਣਹਾਰ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

إِنَّ الَّذِينَ آمَنُوا وَالَّذِينَ هَاجَرُوا وَجَاهَدُوا فِي سَبِيلِ اللَّهِ أُولَٰئِكَ يَرْجُونَ رَحْمَتَ اللَّهِ ۚ وَاللَّهُ غَفُورٌ رَحِيمٌ ﴿٢١٨﴾

219. (ਹੇ ਨਬੀ!) ਲੋਕੀ ਤੁਹਾਥੋਂ ਸ਼ਰਾਬ ਅਤੇ ਜੂਏ ਬਾਰੇ ਪੁੱਛਦੇ ਹਨ, ਆਖ ਦਿਓ ਕਿ ਇਹਨਾਂ ਦੋਵਾਂ ਵਿਚ ਬਹੁਤ ਵੱਡਾ ਗੁਨਾਹ ਹੈ ਭਾਵੇਂ ਲੋਕਾਂ ਲਈ ਕੁੱਝ ਲਾਭ ਵੀ ਹਨ ਪਰੰਤੂ ਦੋਹਾਂ ਦਾ ਗੁਨਾਹ ਇਹਨਾਂ ਦੇ ਲਾਭ ਨਾਲੋਂ ਕਿਤੇ ਵੱਧਕੇ ਹੈ। ਉਹ ਇਹ ਵੀ ਪੁੱਛਦੇ ਹਨ ਕਿ (ਰੱਬ ਦੀ ਰਾਹ ਵਿਚ) ਕੀ ਖ਼ਰਚ ਕਰੀਏ? ਆਖ ਦਿਓ ਕਿ ਜੋ ਵੀ ਤੁਹਾਡੀ ਲੋੜ ਤੋਂ ਵੱਧ ਹੈ (ਖ਼ਰਚ ਕਰੋ), ਤੁਹਾਡੇ (ਸਮਝਾਉਣ ਲਈ) ਅੱਲਾਹ ਆਪਣੇ ਹੁਕਮਾਂ ਨੂੰ ਇਸੇ ਤਰ੍ਹਾਂ ਸਪਸ਼ਟ ਕਰਦਾ ਹੈ ਤਾਂ ਜੋ ਤੁਸੀਂ ਸੋਚ ਵਿਚਾਰ ਕਰੋ।

يَسْأَلُونَكَ عَنِ الْخَمْرِ وَالْمَيْسِرِ ۖ قُلْ فِيهِمَا إِثْمٌ كَبِيرٌ وَمَنَافِعُ لِلنَّاسِ وَإِثْمُهُمَا أَكْبَرُ مِنْ نَفْعِهِمَا ۗ وَيَسْأَلُونَكَ مَاذَا يُنْفِقُونَ قُلِ الْعَفْوَ ۗ كَذَٰلِكَ يُبَيِّنُ اللَّهُ لَكُمُ الْآيَاتِ لَعَلَّكُمْ تَتَفَكَّرُونَ ﴿٢١٩﴾

---

[1] ਇਸ ਆਇਤ ਵਿਚ ਜੂਆ ਤੇ ਸ਼ਰਾਬ ਦੇ ਨੁਕਸਾਨਾਂ ਦੀ ਵਿਆਖਿਆ ਕੀਤੀ ਗਈ ਹੈ ਇਹ ਇਸ ਸੰਬੰਧ ਵਿਚ ਮੁੱਢਲਾ ਹੁਕਮ ਸੀ ਪਰ ਬਾਅਦ ਵਿਚ ਮਾਇਦਾ ਸੂਰਤ ਦੀ ਨੌਂਵੀਂ (90) ਆਇਤ ਵਿਚ ਸਪਸ਼ਟ ਸ਼ਬਦਾਂ ਵਿਚ ਇਹਨਾਂ ਦੀ ਮਨਾਹੀ ਕਰ ਦਿੱਤੀ। ਹੁਣ ਸ਼ਰਾਬ ਤੇ ਜੂਆ ਦੋਵੇਂ ਹਰਾਮ ਹਨ ਹਦੀਸ ਵਿਚ ਇਨ੍ਹਾਂ ਦੇ ਹਰਾਮ ਹੋਣ ਦੀ ਵਿਸਥਾਰ ਨਾਲ ਵਿਆਖਿਆ ਕੀਤੀ ਗਈ ਹੈ ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ ਜਿਸ ਨੇ ਭੁੱਲ ਕੇ ਵੀ (ਲਾਤ ਤੇ ਉਜ਼ਾ ਦੇਵੀਆਂ ਦੀ ਸੌਂਹ ਖਾਧੀ ਉਸ ਨੂੰ ਚਾਹੀਦਾ ਹੈ ਕਿ ਲਾ ਇਲਾਹ ਇੱਲੱਲਾਹ ਕਹੇ (ਤਾਂ ਜੋ ਨਵੇਂ ਸਿਰਿਓਂ ਈਮਾਨ ਵਿਚ ਆ ਜਾਵੇ) ਅਤੇ ਜਿਸ ਨੇ ਆਪਣੇ ਸਾਥੀ ਨੂੰ ਕਿਹਾ ਕਿ ਆਓ! ਆਪਾਂ ਜੂਆ ਖੇਡੀਏ ਤਾਂ ਉਸ ਨੂੰ ਕੱਫ਼ਾਰੇ ਵਜੋਂ ਭਾਵ ਗੁਨਾਹ ਕਰਨ ਦੇ ਬਦਲੇ ਵਿਚ ਖ਼ੈਰਾਤ ਕਰਨੀ ਚਾਹੀਦੀ ਹੈ। (ਸਹੀ ਬੁਖ਼ਾਰੀ, ਹਦੀਸ: 4860)

• ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ ਜਿਸ ਨੇ ਦੁਨੀਆ ਵਿਚ ਸ਼ਰਾਬ ਪੀ ਲਈ ਅਤੇ (ਮਰਦੇ ਹੋਏ ਵੀ) ਤੌਬਾ ਨਹੀਂ ਕੀਤੀ ਤਾਂ ਉਹ ਜੰਨਤ ਦੀ ਸ਼ਰਾਬ ਤੋਂ ਵਾਂਝਾ ਰਹੇਗਾ। (ਸਹੀ ਬੁਖ਼ਾਰੀ, ਹਦੀਸ: 5575)

• ਹਦੀਸ ਅਨੁਸਾਰ ਕਿਆਮਤ ਦੀਆਂ ਨਿਸ਼ਾਨੀਆਂ ਵਿੱਚੋਂ ਇਕ ਇਹ ਵੀ ਹੈ ਕਿ ਜਹਾਲਤ ਫੈਲ ਜਾਵੇਗੀ ਅਤੇ ਧਾਰਮਿਕ ਗਿਆਨ ਘੱਟ ਜਾਵੇਗਾ ਅਤੇ ਜ਼ਨਾਕਾਰੀ ਆਮ ਹੋ ਜਾਵੇਗੀ ਅਤੇ ਸ਼ਰਾਬ ਵੀ ਸ਼ਰੇਆਮ ਪੀਤੀ ਜਾਵੇਗੀ ਪੁਰਸ਼ਾਂ ਦੀ ਘਾਟ ਹੋ ਜਾਵੇਗੀ ਅਤੇ ਔਰਤਾਂ ਦੀ ਗਿਣਤੀ ਵੱਧ ਜਾਵੇਗੀ ਐਥੋਂ ਤਕ ਕਿ ਪੰਜਾਹ ਔਰਤਾਂ ਦੀ ਰਖਵਾਲੀ ਇਕ ਪੁਰਸ਼ ਕਰੇਗਾ। (ਸਹੀ ਬੁਖ਼ਾਰੀ, ਹਦੀਸ: 5577)

220 (ਹੇ ਨਬੀ) ਲੋਕੀ ਤੁਹਾਥੋਂ ਅਨਾਥਾਂ ਦੇ ਸੰਬੰਧ ਵਿਚ ਪੁੱਛਦੇ ਹਨ। ਆਖ ਦਿਓ ਕਿ ਉਹਨਾਂ ਦੀ ਭਲਾਈ ਲਈ ਕੰਮ ਕਰਨਾ ਵਧੇਰੇ ਚੰਗਾ ਹੈ। ਜੇ ਤੁਸੀਂ ਉਹਨਾਂ (ਅਨਾਥਾਂ) ਦਾ ਅਤੇ ਆਪਣਾ ਖ਼ਰਚਾ ਤੇ ਰਹਿਣੀ ਸਹਿਣੀ ਸਾਂਝੀ ਰੱਖੋ (ਤਾਂ ਵੀ ਕੋਈ ਹਰਜ ਨਹੀਂ) ਕਿਉਂ ਜੋ ਉਹ ਤੁਹਾਡੇ ਭਰਾ ਹੀ ਤਾਂ ਹਨ। ਅੱਲਾਹ ਜਾਣਦਾ ਹੈ ਕਿ ਵਿਗਾੜਨ ਵਾਲਾ ਕੌਣ ਹੈ ਅਤੇ ਸੁਆਰਨ ਵਾਲਾ ਕੌਣ ਹੈ? ਜੇ ਅੱਲਾਹ ਚਾਹੁੰਦਾ ਤਾਂ ਤੁਹਾਡੇ 'ਤੇ ਸਖ਼ਤੀ ਕਰਦਾ। ਬੇਸ਼ੱਕ ਅੱਲਾਹ ਜ਼ੋਰਾਵਰ ਹੈ ਅਤੇ ਦਾਨਾਈ ਵਾਲਾ (ਸੂਝਵਾਨ) ਹੈ।

فِي الدُّنْيَا وَالْآخِرَةِ ۗ وَيَسْأَلُونَكَ عَنِ الْيَتَامَىٰ ۖ قُلْ
إِصْلَاحٌ لَّهُمْ خَيْرٌ ۖ وَإِن تُخَالِطُوهُمْ فَإِخْوَانُكُمْ ۚ
وَاللَّهُ يَعْلَمُ الْمُفْسِدَ مِنَ الْمُصْلِحِ ۚ وَلَوْ شَاءَ اللَّهُ
لَأَعْنَتَكُمْ ۚ إِنَّ اللَّهَ عَزِيزٌ حَكِيمٌ ٢٢٠

221. (ਹੇ ਮੁਸਲਮਾਨੋ!) ਤੁਸੀਂ ਮੁਸ਼ਰਿਕ[1] ਔਰਤਾਂ ਨਾਲ ਉਦੋਂ ਤਕ ਨਿਕਾਹ ਨਾ ਕਰੋ ਜਦੋਂ ਤਕ ਕਿ ਉਹ ਈਮਾਨ ਨਾ ਲੈ ਆਉਣ ਇਕ ਈਮਾਨ ਵਾਲੀ ਗੋਲੀ ਔਰਤ ਮੁਸ਼ਰਿਕ ਔਰਤ ਤੋਂ ਕਿਤੇ ਵਧੀਆ ਹੈ ਭਾਵੇਂ ਉਹ (ਮੁਸ਼ਰਿਕਾ) ਤੁਹਾਨੂੰ ਕਿੰਨੀ ਹੀ ਭਾਉਂਦੀ ਹੋਵੇ ਅਤੇ ਤੁਸੀਂ (ਮੁਸਲਮਾਨ ਔਰਤੋ) ਮੁਸ਼ਰਿਕ ਮਰਦਾਂ ਨਾਲ ਨਿਕਾਹ ਨਾ ਕਰੋ ਜਦੋਂ ਤਕ ਕਿ ਉਹ ਈਮਾਨ ਨਾ ਲੈ ਆਉਣ। ਇਕ ਮੋਮਿਨ ਗ਼ੁਲਾਮ ਮੁਸ਼ਰਿਕ ਤੋਂ ਕਿਤੇ ਵਧੀਆ ਹੈ ਭਾਵੇਂ ਕਿ ਉਹ (ਮੁਸ਼ਰਿਕ) ਤੁਹਾਨੂੰ ਕਿੰਨਾ ਹੀ ਪਸੰਦ ਹੈ। ਇਹ (ਮੁਸ਼ਰਿਕ) ਤਾਂ ਨਰਕ ਵੱਲ ਬੁਲਾਉਂਦੇ ਹਨ ਅਤੇ ਅੱਲਾਹ ਆਪਣੇ ਹੁਕਮਾਂ ਨਾਲ ਤੁਹਾਨੂੰ ਜੰਨਤ ਤੇ ਬਖ਼ਸ਼ਿਸ਼ ਵੱਲ ਬੁਲਾਉਂਦਾ ਹੈ। (ਇਸੇ ਲਈ) ਉਹ ਲੋਕਾਂ ਨੂੰ ਆਪਣੀਆਂ ਆਇਤਾਂ (ਫ਼ਰਮਾਨ) ਖੋਲ ਖੋਲ ਕੇ ਬਿਆਨ ਕਰਦਾ ਹੈ ਤਾਂ ਜੋ ਉਹ ਸਿੱਖਿਆ ਗ੍ਰਹਿਣ ਕਰਨ।

وَلَا تَنكِحُوا الْمُشْرِكَاتِ حَتَّىٰ يُؤْمِنَّ ۚ وَلَأَمَةٌ مُّؤْمِنَةٌ
خَيْرٌ مِّن مُّشْرِكَةٍ وَلَوْ أَعْجَبَتْكُمْ ۗ وَلَا تُنكِحُوا
الْمُشْرِكِينَ حَتَّىٰ يُؤْمِنُوا ۚ وَلَعَبْدٌ مُّؤْمِنٌ خَيْرٌ مِّن
مُّشْرِكٍ وَلَوْ أَعْجَبَكُمْ ۗ أُولَٰئِكَ يَدْعُونَ إِلَى النَّارِ ۖ
وَاللَّهُ يَدْعُو إِلَى الْجَنَّةِ وَالْمَغْفِرَةِ بِإِذْنِهِ ۖ
وَيُبَيِّنُ آيَاتِهِ لِلنَّاسِ لَعَلَّهُمْ يَتَذَكَّرُونَ ٢٢١

[1] "ਮੁਸ਼ਰਿਕ" ਤੋਂ ਭਾਵ ਕਾਫ਼ਰ ਤੇ ਬੁਤ ਪੂਜਣ ਵਾਲੇ ਅਤੇ ਜਿਹੜੇ ਅੱਲਾਹ ਦੇ ਇਕ ਹੋਣ ਅਤੇ ਮੁਹੰਮਦ (ਸ:) ਦੀ ਪੈਗ਼ੰਬਰੀ ਦੇ ਇਨਕਾਰੀ ਹਨ।

222. (ਹੇ ਨਬੀ!) ਲੋਕੀ ਤੁਹਾਥੋਂ ਹੈਜ਼ (ਮਾਸਿਕ ਧਰਮ) ਬਾਰੇ ਪੁੱਛਦੇ ਹਨ। ਤੁਸੀਂ ਆਖ ਦਿਓ ਕਿ ਇਹ ਇਕ ਗੰਦਗੀ ਦੀ ਹਾਲਤ ਹੈ ਸੋ ਤੁਸੀਂ ਹੈਜ਼ (ਦੀ ਹਾਲਤ) ਵਿਚ ਔਰਤਾਂ ਤੋਂ ਪਰਾਂ ਰਹੋ (ਭਾਵ ਸੰਭੋਗ ਨਾ ਕਰੋ) ਜਦੋਂ ਤਕ ਕਿ ਉਹ ਪਾਕ ਸਾਫ਼ ਨਾ ਹੋ ਜਾਣ। ਜਦੋਂ ਉਹ ਪਾਕ ਸਾਫ਼ ਹੋ ਜਾਣ ਤਾਂ ਉਹਨਾਂ ਦੇ ਕੋਲ ਉਸੇ ਤਰ੍ਹਾਂ ਜਾਓ ਜਿਵੇਂ ਅੱਲਾਹ ਨੇ ਤੁਹਾਨੂੰ ਹੁਕਮ ਦਿੱਤਾ ਹੈ। ਬੇਸ਼ੱਕ ਅੱਲਾਹ ਤੌਬਾ ਕਰਨ ਵਾਲਿਆਂ ਨੂੰ ਅਤੇ ਪਾਕ ਸਾਫ਼ ਰਹਿਣ ਵਾਲਿਆਂ ਨੂੰ ਪਸੰਦ ਕਰਦਾ ਹੈ।

وَيَسْأَلُونَكَ عَنِ الْمَحِيضِ ۖ قُلْ هُوَ أَذًى فَاعْتَزِلُوا
النِّسَاءَ فِي الْمَحِيضِ ۖ وَلَا تَقْرَبُوهُنَّ حَتَّىٰ يَطْهُرْنَ ۖ
فَإِذَا تَطَهَّرْنَ فَأْتُوهُنَّ مِنْ حَيْثُ أَمَرَكُمُ اللَّهُ ۚ
إِنَّ اللَّهَ يُحِبُّ التَّوَّابِينَ وَيُحِبُّ الْمُتَطَهِّرِينَ (222)

223. ਤੁਹਾਡੀਆਂ ਪਤਨੀਆਂ ਤੁਹਾਡੀਆਂ ਖੇਤੀਆਂ (ਵਾਂਗ) ਹਨ ਜਿਵੇਂ ਚਾਹੋ ਆਪਣੀਆਂ ਖੇਤੀਆਂ ਵਿਚ ਆਓ ਜਾਓ। ਆਪਣੇ ਲਈ (ਚੰਗੇ ਕਰਮ) ਅੱਗੇ (ਆਖ਼ਿਰਤ ਲਈ) ਭੇਜੋ ਅਤੇ ਅੱਲਾਹ ਤੋਂ ਡਰਦੇ ਰਹੋ। ਯਾਦ ਰੱਖੋ ਕਿ (ਇਕ ਦਿਨ) ਤੁਸੀਂ ਸਾਰੇ (ਅੱਲਾਹ) ਨੂੰ ਮਿਲਣ ਵਾਲੇ ਹੋ ਅਤੇ ਇਹ ਖ਼ੁਸ਼ਖ਼ਬਰੀ ਈਮਾਨ ਵਾਲਿਆਂ ਨੂੰ ਸੁਣਾ ਦਿਓ।

نِسَاؤُكُمْ حَرْثٌ لَكُمْ فَأْتُوا حَرْثَكُمْ أَنَّىٰ شِئْتُمْ ۖ
وَقَدِّمُوا لِأَنْفُسِكُمْ ۚ وَاتَّقُوا اللَّهَ وَاعْلَمُوا أَنَّكُمْ
مُلَاقُوهُ ۗ وَبَشِّرِ الْمُؤْمِنِينَ (223)

224. ਜੇ ਤੁਹਾਡਾ ਉਦੇਸ਼ ਨੇਕ ਕੰਮਾਂ ਤੋਂ, ਰੱਬ ਦੇ ਡਰ ਤੋਂ ਅਤੇ ਲੋਕਾਂ ਵਿਚਾਲੇ ਸੁਲਾਹ ਕਰਵਾਉਣ ਤੋਂ ਰੁਕ ਜਾਣਾ ਹੈ ਤਾਂ ਤੁਸੀਂ ਅੱਲਾਹ ਦਾ ਨਾਂ ਆਪਣੀਆਂ ਕਸਮਾਂ[1] ਲਈ ਨਾ ਵਰਤੋ, ਅੱਲਾਹ ਹਰ ਗੱਲ ਭਲੀ-ਭਾਂਤ ਸੁਣਨ ਵਾਲਾ ਤੇ ਵੇਖਣ ਵਾਲਾ ਹੈ।

وَلَا تَجْعَلُوا اللَّهَ عُرْضَةً لِأَيْمَانِكُمْ أَنْ تَبَرُّوا
وَتَتَّقُوا وَتُصْلِحُوا بَيْنَ النَّاسِ ۗ وَاللَّهُ سَمِيعٌ
عَلِيمٌ (224)

225 ਅੱਲਾਹ ਤੁਹਾਡੀਆਂ ਵਿਅਰਥ (ਬਿਨਾਂ ਸੋਚੇ ਸਮਝੇ) ਸੌਂਹਾਂ ਖਾਣ 'ਤੇ ਤੁਹਾਨੂੰ ਨਹੀਂ ਫੜਦਾ ਪਰ ਉਹ ਤੁਹਾਨੂੰ ਉਹਨਾਂ ਸੌਂਹਾਂ ਖਾਣ 'ਤੇ ਜ਼ਰੂਰ ਫੜੇਗਾ ਜਿਹੜੀਆਂ ਤੁਸੀਂ ਸੱਚੇ ਮਨੋਂ ਖਾਂਦੇ ਹੋ। ਅੱਲਾਹ ਬਹੁਤ ਵੱਡਾ ਬਖ਼ਸ਼ਣਹਾਰ ਤੇ ਮਿਹਰਬਾਨ ਹੈ।

لَا يُؤَاخِذُكُمُ اللَّهُ بِاللَّغْوِ فِي أَيْمَانِكُمْ وَلَٰكِنْ
يُؤَاخِذُكُمْ بِمَا كَسَبَتْ قُلُوبُكُمْ ۗ وَاللَّهُ غَفُورٌ
حَلِيمٌ (225)

---

[1] ਸੌਂਹ ਦੇ ਸੰਬੰਧ ਵਿਚ ਵੇਖੋ ਸੂਰਤ ਅਲ-ਮਾਇਦਾ, ਹਾਸ਼ੀਆ ਆਇਤ 89/5

226. ਜਿਹੜੇ ਲੋਕ ਆਪਣੀਆਂ ਪਤਨੀਆਂ ਨਾਲ (ਸ਼ਰੀਰਿਕ) ਸੰਬੰਧ ਨਾ ਰੱਖਣ ਦੀਆਂ ਕਸਮਾਂ ਖਾ ਲੈਂਦੇ ਹਨ[1] ਉਹਨਾਂ (ਦੀਆਂ ਪਤਨੀਆਂ) ਨੂੰ ਚਾਹੀਦਾ ਹੈ ਕਿ ਉਹ ਚਾਰ ਮਹੀਨੇ ਉਡੀਕ ਕਰਨ।[2] ਜੇ (ਪਤੀ) ਪਰਤ ਆਉਣ (ਸੰਬੰਧ ਬਣਾ ਲੈਣ) ਤਾਂ ਠੀਕ ਹੈ ਬੇਸ਼ੱਕ ਅੱਲਾਹ (ਭੁੱਲਾਂ ਨੂੰ) ਬਖ਼ਸ਼ਣ ਵਾਲਾ ਅਤੇ ਮਿਹਰਬਾਨ ਹੈ।

لِلَّذِينَ يُؤْلُونَ مِن نِّسَآئِهِمْ تَرَبُّصُ أَرْبَعَةِ
أَشْهُرٍ ۖ فَإِن فَآءُو فَإِنَّ ٱللَّهَ غَفُورٌ رَّحِيمٌ ﴿٢٢٦﴾

227. ਪਰ ਜੇ ਤਲਾਕ ਦੇਣ ਦਾ ਹੀ ਇਰਾਦਾ ਕਰ ਲੈਣ (ਤਾਂ ਜਾਣ ਲੈਣ ਕਿ) ਅੱਲਾਹ ਸਭ ਕੁੱਝ ਸੁਣਨ ਵਾਲਾ ਅਤੇ ਜਾਣਨ ਵਾਲਾ ਹੈ।

وَإِنْ عَزَمُوا ٱلطَّلَٰقَ فَإِنَّ ٱللَّهَ سَمِيعٌ عَلِيمٌ ﴿٢٢٧﴾

228. ਜਿਨ੍ਹਾਂ ਔਰਤਾਂ ਨੂੰ ਤਲਾਕ ਦਿੱਤੀ ਗਈ ਹੋਵੇ ਉਹ ਤਿੰਨ ਹੈਜ਼ (ਮਾਸਿਕ ਧਰਮ) ਤਕ ਉਡੀਕ ਕਰਨ। ਉਹਨਾਂ ਲਈ ਇਹ ਗੱਲ ਠੀਕ ਨਹੀਂ ਕਿ ਅੱਲਾਹ ਨੇ ਜੋ ਵੀ ਉਹਨਾਂ ਦੇ ਗਰਭ ਵਿਚ ਰੱਖਿਆ ਹੈ ਉਸ ਨੂੰ ਲੁਕਾਉਣ। ਜੇ ਉਹਨਾਂ ਦਾ ਅੱਲਾਹ ਤੇ ਆਖ਼ਿਰਤ ਦੇ ਦਿਨ 'ਤੇ ਈਮਾਨ ਹੈ (ਤਾਂ ਉਹ ਕਦੇ ਵੀ ਰੱਬੀ ਹੁਕਮਾਂ ਦੀ ਉਲੰਘਣਾ ਨਹੀਂ ਕਰਨਗੀਆਂ) ਅਤੇ ਜੇ ਉਹਨਾਂ ਦੇ ਪਤੀ ਮੁੜ (ਸੰਬੰਧਾਂ ਵਿਚ) ਸੁਧਾਰ ਕਰਨਾ ਚਾਹੁਣ ਤਾਂ ਇਹ ਉਹਨਾਂ ਦਾ ਹੱਕ ਹੈ ਕਿ ਉਹ ਇਸ ਨਿਯਤ ਸਮੇਂ ਵਿਚ (ਸੁਧਾਰ ਵੱਲ) ਪਰਤ ਆਉਣ।

وَٱلْمُطَلَّقَٰتُ يَتَرَبَّصْنَ بِأَنفُسِهِنَّ ثَلَٰثَةَ قُرُوٓءٍ ۚ
وَلَا يَحِلُّ لَهُنَّ أَن يَكْتُمْنَ مَا خَلَقَ ٱللَّهُ فِىٓ
أَرْحَامِهِنَّ إِن كُنَّ يُؤْمِنَّ بِٱللَّهِ وَٱلْيَوْمِ ٱلْءَاخِرِ ۚ
وَبُعُولَتُهُنَّ أَحَقُّ بِرَدِّهِنَّ فِى ذَٰلِكَ إِنْ أَرَادُوٓا
إِصْلَٰحًا ۚ وَلَهُنَّ مِثْلُ ٱلَّذِى عَلَيْهِنَّ بِٱلْمَعْرُوفِ ۚ
وَلِلرِّجَالِ عَلَيْهِنَّ دَرَجَةٌ ۗ وَٱللَّهُ عَزِيزٌ حَكِيمٌ ﴿٢٢٨﴾

---

1 ਇਸ ਨੂੰ "ਈਲਾ" ਕਿਹਾ ਜਾਂਦਾ ਹੈ, ਜਿਸ ਦਾ ਅਰਥ ਹੈ ਪਤਨੀ ਨਾਲ ਸੰਬੰਧ ਨਾ ਰੱਖਣ ਦੀ ਸੌਂਹ ਖਾਣਾ।

◆ ਹਜ਼ਰਤ ਅਬਦੁੱਲਾ ਬਿਨ ਉਮਰ ਫ਼ਰਮਾਉਂਦੇ ਹਨ ਕਿ ਇਹ 'ਈਲਾ' ਜਿਸ ਦੀ ਚਰਚਾ ਕੁਰਆਨ ਵਿਚ ਕੀਤੀ ਗਈ ਹੈ ਕਿਸੇ ਵਿਅਕਤੀ ਲਈ ਇਸ ਤੋਂ ਛੁੱਟ ਕੁੱਝ ਹੋਰ ਜਾਇਜ਼ ਹੀ ਨਹੀਂ ਕਿ ਉਹ ਨਿਸ਼ਚਿਤ ਸਮਾਂ ਬੀਤ ਜਾਣ ਤੋਂ ਬਾਅਦ ਜਾਂ ਤਾਂ ਪਤਨੀ ਨੂੰ ਇਸਲਾਮੀ ਸਿਧਾਂਤ ਅਨੁਸਾਰ ਘਰ ਵਿਚ ਹੀ ਰੱਖੇ ਜਾਂ ਉਸ ਨੂੰ ਤਲਾਕ ਦੇ ਦੇਵੇ ਜਿਵੇਂ ਕਿ ਅੱਲਾਹ ਦਾ ਹੁਕਮ ਹੈ. (ਸਹੀ ਬੁਖ਼ਾਰੀ, ਹਦੀਸ 5290)

2 ਹਜ਼ਰਤ ਇਬਨੇ ਉਮਰ ਦਾ ਕਹਿਣਾ ਹੈ ਕਿ ਜਦੋਂ ਚਾਰ ਮਹੀਨੇ ਬੀਤ ਜਾਣ ਤਾਂ ਪੁਰਸ਼ ਨੂੰ ਮਜਬੂਰ ਕੀਤਾ ਜਾਵੇ ਕਿ ਜਾਂ ਤਾਂ ਆਪਣੇ ਸੌਂਹ ਤੋਂ ਮੁੜ ਵਿਚਾਰ ਕਰੇ ਜਾਂ ਪਤਨੀ ਨੂੰ ਤਲਾਕ ਦੇ ਦੇਵੇ ਅਤੇ ਜਦੋਂ ਤਕ ਪਤੀ ਸਪਸ਼ਟ ਸ਼ਬਦਾਂ ਵਿਚ ਤਲਾਕ ਨਾ ਦੇਵੇ ਤਲਾਕ ਨਹੀਂ ਹੁੰਦੀ। (ਸਹੀ ਬੁਖ਼ਾਰੀ, ਹਦੀਸ 5291)

(ਕੁਰਆਨੀ) ਸੰਵਿਧਾਨ ਅਨੁਸਾਰ ਔਰਤਾਂ ਨੂੰ ਮਰਦਾਂ 'ਤੇ ਉਹੀਓ ਅਧਿਕਾਰ ਪ੍ਰਾਪਤ ਹਨ ਜਿਹੜੇ ਮਰਦਾਂ ਨੂੰ ਔਰਤਾਂ ਦੇ ਸੰਬੰਧ ਵਿਚ ਪ੍ਰਾਪਤ ਹਨ ਪਰ ਮਰਦਾਂ ਨੂੰ ਔਰਤਾਂ ਨਾਲੋਂ ਇਕ ਦਰਜਾ ਵੱਧ ਪ੍ਰਾਪਤ ਹੈ। (ਇਹ ਨਿਯਮ ਬਣਾਉਣ ਵਾਲਾ) ਅੱਲਾਹ ਜ਼ੋਰਾਵਰ ਅਤੇ ਹਿਕਮਤ (ਦਾਨਾਈ) ਵਾਲਾ ਹੈ।

229. (ਪਰਤਣ ਵਾਲਾ) ਤਲਾਕ ਦੋ ਵਾਰ ਹੈ, ਫਿਰ ਜਾਂ ਤਾਂ (ਔਰਤ ਨੂੰ) ਭਲੇ ਤਰੀਕੇ ਨਾਲ (ਮੁੜ ਨਿਕਾਹ ਕਰਕੇ) ਰੋਕ ਲਿਆ ਜਾਵੇ ਜਾਂ ਭਲੇ ਤਰੀਕੇ ਨਾਲ ਛੱਡ ਦਿੱਤਾ ਜਾਵੇ ਅਤੇ ਤੁਹਾਡੇ ਲਈ ਇਹ ਜਾਇਜ਼ ਨਹੀਂ ਕਿ ਤੁਸੀਂ ਜੋ ਕੁੱਝ ਉਹਨਾਂ ਨੂੰ (ਮਹਿਰ ਆਦਿ) ਦੇ ਚੁੱਕੇ ਹੋ ਉਸ ਵਿੱਚੋਂ ਵਾਪਸ ਲਵੋ। ਜੇਕਰ ਦੋਹਾਂ ਨੂੰ ਡਰ ਹੋਵੇ ਕਿ ਉਹ ਅੱਲਾਹ ਦੀਆਂ ਨਿਯਤ ਕੀਤੀਆਂ ਗਈਆਂ ਹੱਦਾਂ ਨੂੰ ਕਾਇਮ ਨਹੀਂ ਰੱਖ ਸਕਣਗੇ ਜਾਂ ਜੇ ਤੁਸੀਂ ਇਸ ਗੱਲ ਤੋਂ ਡਰਦੇ ਹੋ ਕਿ ਉਹ ਦੋਵੇਂ ਅੱਲਾਹ ਦੀਆਂ ਨਿਯਤ ਕੀਤੀਆਂ ਹੱਦਾਂ ਦੀ ਰਾਖੀ ਨਹੀਂ ਕਰ ਸਕਦੇ ਤਾਂ ਇਹਨਾਂ ਦੋਹਾਂ 'ਤੇ ਇਸ ਗੱਲ ਦਾ ਕੋਈ ਗੁਨਾਹ ਨਹੀਂ ਜੇ ਔਰਤ ਫ਼ਿਦੀਯੇ (ਬਦਲੇ) ਵਿਚ ਧੰਨ ਦੇ ਕੇ ਛੁਟਕਾਰਾ ਹਾਸਿਲ ਕਰ ਲਵੇ।[1] ਇਹ

الطَّلَاقُ مَرَّتَانِ ۖ فَإِمْسَاكٌ بِمَعْرُوفٍ أَوْ تَسْرِيحٌ
بِإِحْسَانٍ ۗ وَلَا يَحِلُّ لَكُمْ أَن تَأْخُذُوا مِمَّا
آتَيْتُمُوهُنَّ شَيْئًا إِلَّا أَن يَخَافَا أَلَّا يُقِيمَا
حُدُودَ اللَّهِ ۖ فَإِنْ خِفْتُمْ أَلَّا يُقِيمَا حُدُودَ
اللَّهِ فَلَا جُنَاحَ عَلَيْهِمَا فِيمَا افْتَدَتْ بِهِ ۗ
تِلْكَ حُدُودُ اللَّهِ فَلَا تَعْتَدُوهَا ۚ وَمَن يَتَعَدَّ
حُدُودَ اللَّهِ فَأُولَٰئِكَ هُمُ الظَّالِمُونَ 229

[1] "ਖ਼ੁਲਾਅ" ਭਾਵ ਜੇ ਔਰਤ ਆਪਣੇ ਪਤਨੀ ਤੋਂ ਅੱਡ ਹੋਣਾ ਚਾਹੁੰਦੀ ਹੈ ਤਾਂ ਕੁੱਝ ਸ਼ਰਤਾਂ ਨਾਲ ਮਹਿਰ ਵਾਪਸ ਕਰਕੇ ਤਲਾਕ ਲੈ ਸਕਦੀ ਹੈ ਜਿਵੇਂ ਕਿ ਹਜ਼ਰਤ ਇਬਨੇ ਅੱਬਾਸ ਤੋਂ ਪਤਾ ਲੱਗਦਾ ਹੈ ਕਿ ਸਾਬਿਤ ਬਿਨ ਕੈਸ (ਰ:ਅ:) ਦੀ ਪਤਨੀ ਰਸੂਲ (ਸ:) ਦੀ ਸੇਵਾ ਵਿਖੇ ਹਾਜ਼ਰ ਹੋਈ ਅਤੇ ਬੇਨਤੀ ਕੀਤੀ ਕਿ ਹੇ ਅੱਲਾਹ ਦੇ ਰਸੂਲ (ਸ:) ਮੈਂ ਸਾਬਿਤ ਬਿਨ ਕੈਸ ਦੀ ਦੀਨਦਾਰੀ ਅਤੇ ਸਦਾਚਾਰ ਪੱਖੋਂ ਕੋਈ ਦੋਸ਼ ਨਹੀਂ ਲਗਾਉਂਦੀ ਕਿ ਮੈਂ ਮੁਸਲਮਾਨ ਹੁੰਦੇ ਹੋਏ ਪਤੀ ਦੀ ਨਾ-ਸ਼ੁਕਰੀ ਕਰਨ ਦਾ ਗੁਨਾਹ ਖੱਟਾਂ। ਨਬੀ (ਸ:) ਨੇ ਫ਼ਰਮਾਇਆ "ਚੰਗਾ ਕੀ ਤੂੰ ਸਾਬਿਤ ਵੱਲੋਂ ਮਹਿਰ ਵਿਚ ਦਿੱਤੇ ਗਏ ਬਾਗ਼ ਨੂੰ ਵਾਪਸ ਕਰਦੀ ਹੈਂ?" ਉਹਨੇ ਕਿਹਾ "ਜੀ ਹਾਂ" ਫਿਰ ਆਪ (ਸ:) ਨੇ ਸਾਬਿਤ ਨੂੰ ਆਖਿਆ ਕਿ ਤੂੰ ਆਪਣੇ ਬਾਗ਼ ਵਾਪਸ ਲੈ ਅਤੇ ਇਸ ਨੂੰ ਤਲਾਕ ਦੇ। (ਸਹੀ ਬੁਖ਼ਾਰੀ, ਹਦੀਸ 5273)

• ਸ਼ਰੀਅਤ ਵਿਚ ਇਸ ਨੂੰ "ਖ਼ੁਲਾਅ" ਕਿਹਾ ਜਾਂਦਾ ਹੈ, ਭਾਵ ਔਰਤ ਆਪਣੀ ਇੱਛਾ ਅਤੇ ਕੋਸ਼ਿਸ਼ ਨਾਲ ਤਲਾਕ ਲੈਂਦੀ ਹੈ। ਅਣ-ਬਣ ਹੋਣ ਦੀ ਹਾਲਤ ਵਿਚ ਤਲਾਕ ਜਾਂ ਖ਼ੁਲਾਅ ਰਾਹੀਂ ਜੁਦਾਈ ਵਧੀਆ ਰੋਲ ਹੈ।

6

ਅੱਲਾਹ ਦੀਆਂ ਹੱਦਾਂ ਹਨ, ਸੋ ਤੁਸੀਂ ਇਹਨਾਂ ਤੋਂ ਅੱਗੇ ਨਾ ਵਧੋ। ਜਿਹੜੇ ਲੋਕ ਅੱਲਾਹ ਦੀਆਂ ਹੱਦਾਂ ਦੀ ਉਲੰਘਣਾ ਕਰਦੇ ਹਨ ਉਹ ਜ਼ਾਲਮ ਹਨ।

230 ਫਿਰ ਜੇ ਉਹ (ਪਤੀ) ਤੀਜਾ ਤਲਾਕ ਦੇ ਦੇਵੇ ਤਾਂ ਉਸ ਤੋਂ ਬਾਅਦ ਉਹ (ਔਰਤ) ਉਸ ਪਤੀ ਦੇ ਲਈ ਹਲਾਲ (ਜਾਇਜ਼) ਨਹੀਂ ਜਦੋਂ ਤਕ ਉਹ (ਔਰਤ) ਛੁੱਟ ਇਸ (ਪਹਿਲੇ ਪਤੀ) ਤੋਂ ਕਿਸੇ ਦੂਜੇ (ਵਿਅਕਤੀ) ਨਾਲ ਨਿਕਾਹ ਨਾ ਕਰ ਲਵੇ। ਜੇ ਉਹ ਵੀ ਤਲਾਕ ਦੇ ਦੇਵੇ ਤਾਂ ਇਹਨਾਂ ਦੋਹਾਂ (ਪਹਿਲੇ ਪਤੀ ਪਤਨੀ) ਦੇ ਮੁੜ ਮਿਲਣ 'ਤੇ ਕੋਈ ਗੁਨਾਹ ਨਹੀਂ, (ਉਹ ਵੀ ਉਸ ਸਮੇਂ) ਜੇ ਦੋਵੇਂ ਅੱਲਾਹ ਵੱਲੋਂ ਨਿਯਤ ਕੀਤੀਆਂ ਗਈਆਂ ਹੱਦਾਂ ਦਾ ਖ਼ਿਆਲ ਰੱਖ ਸਕਣ। ਇਹ ਅੱਲਾਹ ਦੀਆਂ (ਤਲਾਕ ਦੇ ਸੰਬੰਧ ਵਿਚ) ਹੱਦਾਂ ਹਨ, ਜਿਹੜੀਆਂ ਉਹਨਾਂ ਨੂੰ ਦੱਸੀਆਂ ਜਾ ਰਹੀਆਂ ਹਨ ਜਿਹੜੇ (ਇਹਨਾਂ ਦੀ ਮਹੱਤਤਾ ਦਾ) ਗਿਆਨ ਰੱਖਦੇ ਹਨ।

فَإِنْ طَلَّقَهَا فَلَا تَحِلُّ لَهُ مِنْ بَعْدُ حَتَّىٰ تَنْكِحَ
زَوْجًا غَيْرَهُ ۗ فَإِنْ طَلَّقَهَا فَلَا جُنَاحَ عَلَيْهِمَا أَنْ
يَتَرَاجَعَا إِنْ ظَنَّا أَنْ يُقِيمَا حُدُودَ اللَّهِ ۗ وَتِلْكَ
حُدُودُ اللَّهِ يُبَيِّنُهَا لِقَوْمٍ يَعْلَمُونَ (230)

231 ਜਦੋਂ ਤੁਸੀਂ ਔਰਤਾਂ ਨੂੰ (ਪਹਿਲੀ ਜਾਂ ਦੂਜੀ) ਤਲਾਕ ਦੇ ਦੇਵੋ ਫਿਰ ਜਾਂ ਤਾਂ ਉਹਨਾਂ ਨੂੰ ਇੱਦਤ (ਤਲਾਕ ਦੇਣ ਤੋਂ ਬਾਅਦ ਉਡੀਕ ਦਾ ਇਕ ਨਿਯਤ ਸਮਾਂ) ਪੂਰੀ ਹੋਣ ਤੋਂ ਪਹਿਲਾਂ ਪਹਿਲਾਂ ਭਲੇ ਤਰੀਕੇ ਨਾਲ ਰੋਕ ਲਵੋ ਜਾਂ ਉਹਨਾਂ ਨੂੰ ਛੱਡ ਦਿਓ। ਉਹਨਾਂ ਨੂੰ ਤੰਗ ਕਰਨ ਲਈ ਨਾ ਰੋਕੋ ਕਿ ਤੁਸੀਂ ਉਹਨਾਂ ਨਾਲ ਵਧੀਕੀਆਂ ਕਰ ਸਕੋ। ਜਿਹੜਾ ਵੀ ਇੰਜ ਕਰੇਗਾ ਅਵੱਸ਼ ਹੀ ਉਹ ਆਪ ਆਪਣੇ ਨਾਲ ਹੀ ਜ਼ੁਲਮ (ਵਧੀਕੀ) ਕਰੇਗਾ। (ਹੇ ਮੁਸਲਮਾਨੋਂ!) ਤੁਸੀਂ ਅੱਲਾਹ ਦੀਆਂ ਆਇਤਾਂ (ਹੁਕਮਾਂ) ਦਾ ਮਖੌਲ ਨਾ ਉਡਾਓ। ਅੱਲਾਹ ਵੱਲੋਂ ਜਿਹੜੇ ਇਨਾਮ ਤੁਹਾਨੂੰ ਬਖ਼ਸ਼ੇ ਗਏ ਹਨ ਉਹਨਾਂ ਨੂੰ ਯਾਦ ਰੱਖੋ ਅਤੇ

وَإِذَا طَلَّقْتُمُ النِّسَاءَ فَبَلَغْنَ أَجَلَهُنَّ
فَأَمْسِكُوهُنَّ بِمَعْرُوفٍ أَوْ سَرِّحُوهُنَّ بِمَعْرُوفٍ
وَلَا تُمْسِكُوهُنَّ ضِرَارًا لِتَعْتَدُوا ۚ وَمَنْ يَفْعَلْ
ذَٰلِكَ فَقَدْ ظَلَمَ نَفْسَهُ ۚ وَلَا تَتَّخِذُوا آيَاتِ اللَّهِ
هُزُوًا ۚ وَاذْكُرُوا نِعْمَتَ اللَّهِ عَلَيْكُمْ وَمَا أَنْزَلَ
عَلَيْكُمْ مِنَ الْكِتَابِ وَالْحِكْمَةِ يَعِظُكُمْ بِهِ ۚ
وَاتَّقُوا اللَّهَ وَاعْلَمُوا أَنَّ اللَّهَ بِكُلِّ شَيْءٍ
ع
عَلِيمٌ (231)

ਉਸ ਕਿਤਾਬ (.ਕੁਰਆਨ) ਅਤੇ ਹਿਕਮਤ (ਹਦੀਸ) ਨੂੰ ਵੀ ਯਾਦ ਰੱਖੋ ਜਿਹੜੀ ਉਸ ਨੇ ਤੁਹਾਡੇ 'ਤੇ ਉਤਾਰੀ ਹੈ। ਉਹ (ਅੱਲਾਹ) ਤੁਹਾਨੂੰ ਨਸੀਹਤ ਕਰਦਾ ਹੈ ਕਿ ਅੱਲਾਹ ਤੋਂ ਡਰੋ ਅਤੇ ਯਾਦ ਰੱਖੋ ਕਿ ਬੇਸ਼ੱਕ ਉਹ ਹਰ ਚੀਜ਼ ਨੂੰ ਜਾਣਦਾ ਹੈ।

وَإِذَا طَلَّقْتُمُ النِّسَاءَ فَبَلَغْنَ أَجَلَهُنَّ فَلَا
تَعْضُلُوهُنَّ أَنْ يَنْكِحْنَ أَزْوَاجَهُنَّ إِذَا تَرَاضَوْا
بَيْنَهُمْ بِالْمَعْرُوفِ ۗ ذَٰلِكَ يُوعَظُ بِهِ مَنْ كَانَ
مِنْكُمْ يُؤْمِنُ بِاللَّهِ وَالْيَوْمِ الْآخِرِ ۗ ذَٰلِكُمْ أَزْكَىٰ
لَكُمْ وَأَطْهَرُ ۗ وَاللَّهُ يَعْلَمُ وَأَنْتُمْ لَا تَعْلَمُونَ ﴿٢٣٢﴾

232. ਜਦੋਂ ਤੁਸੀਂ ਆਪਣੀਆਂ ਔਰਤਾਂ ਨੂੰ ਤਲਾਕ ਦੇ ਦੇਵੋ ਅੰਤ ਉਹ ਆਪਣੀ ਇੱਦਤ ਪੂਰੀ ਕਰ ਲੈਣ ਤਾਂ ਤੁਸੀਂ ਉਹਨਾਂ ਨੂੰ ਆਪਣੇ (ਪਹਿਲੇ) ਪਤੀ ਨਾਲ ਨਿਕਾਹ ਕਰਨ ਤੋਂ ਨਾ ਰੋਕੋ, ਜੇਕਰ ਕਿ ਉਹ ਆਪਸ ਵਿਚ (ਮੁੜ ਨਿਕਾਹ ਦੇ) ਚਾਹਵਾਨ ਹਨ। ਇਹ ਨਸੀਹਤ ਉਸ ਵਿਅਕਤੀ ਲਈ ਹੈ ਜਿਹੜਾ ਅੱਲਾਹ ਅਤੇ ਆਖ਼ਿਰਤ ਵਾਲੇ ਦਿਨ 'ਤੇ ਈਮਾਨ ਰੱਖਦਾ ਹੈ। ਇਹੋ ਤਰੀਕਾ ਤੁਹਾਡੇ ਲਈ ਭਲਾਈ ਵਾਲਾ ਅਤੇ ਪਵਿੱਤਰਤਾ ਵਾਲਾ ਹੈ, (ਜਿਸ ਨੂੰ) ਅੱਲਾਹ ਜਾਣਦਾ ਹੈ ਤੁਸੀਂ ਨਹੀਂ ਜਾਣਦੇ।

وَالْوَالِدَاتُ يُرْضِعْنَ أَوْلَادَهُنَّ حَوْلَيْنِ كَامِلَيْنِ
لِمَنْ أَرَادَ أَنْ يُتِمَّ الرَّضَاعَةَ ۚ وَعَلَى الْمَوْلُودِ لَهُ
رِزْقُهُنَّ وَكِسْوَتُهُنَّ بِالْمَعْرُوفِ ۚ لَا تُكَلَّفُ نَفْسٌ
إِلَّا وُسْعَهَا ۚ لَا تُضَارَّ وَالِدَةٌ بِوَلَدِهَا وَلَا
مَوْلُودٌ لَهُ بِوَلَدِهِ ۚ وَعَلَى الْوَارِثِ مِثْلُ ذَٰلِكَ ۗ
فَإِنْ أَرَادَا فِصَالًا عَنْ تَرَاضٍ مِنْهُمَا وَتَشَاوُرٍ فَلَا
جُنَاحَ عَلَيْهِمَا ۗ وَإِنْ أَرَدْتُمْ أَنْ تَسْتَرْضِعُوا
أَوْلَادَكُمْ فَلَا جُنَاحَ عَلَيْكُمْ إِذَا سَلَّمْتُمْ مَا آتَيْتُمْ
بِالْمَعْرُوفِ ۗ وَاتَّقُوا اللَّهَ وَاعْلَمُوا أَنَّ اللَّهَ بِمَا
تَعْمَلُونَ بَصِيرٌ ﴿٢٣٣﴾

233. ਮਾਵਾਂ ਆਪਣੇ ਬੱਚਿਆਂ ਨੂੰ ਪੂਰੇ ਦੋ ਸਾਲ ਦੁੱਧ ਪਿਆਉਣ, ਇਹ (ਹੁਕਮ) ਉਸਲਈ ਹੈ ਜਿਹੜਾ ਦੁੱਧ ਪਿਆਉਣ ਦੀ ਮੁੱਦਤ ਪੂਰੀ ਕਰਨਾ ਚਾਹੁੰਦਾ ਹੈ। (ਅਜਿਹੀ ਹਾਲਤ ਵਿਚ) ਪਿਓ ਦੀ ਜ਼ਿੰਮੇਵਾਰੀ ਹੈ ਕਿ ਉਹਨਾਂ (ਮਾਵਾਂ) ਲਈ ਪ੍ਰਚਲਿਤ ਢੰਗ ਅਨੁਸਾਰ ਖਾਣ ਪਾਣ ਤੇ ਕੱਪੜਿਆਂ ਦਾ ਪ੍ਰਬੰਧ ਕਰੇ। ਪਰ ਕਿਸੇ 'ਤੇ ਵੀ ਉਸ ਦੀ ਹਿੰਮਤ ਤੋਂ ਵੱਧ ਬੋਝ ਨਾ ਪਾਇਆ ਜਾਵੇ ਅਤੇ ਨਾ ਹੀ ਮਾਂ ਨੂੰ ਉਸ ਦੇ ਬੱਚੇ ਕਰਕੇ ਕੋਈ ਤਕਲੀਫ਼ ਦਿੱਤੀ ਜਾਵੇ ਅਤੇ ਨਾ ਹੀ ਬਾਪ ਨੂੰ ਉਸ ਦੇ ਬੱਚੇ ਕਾਰਨ (ਤੰਗ ਕੀਤਾ ਜਾਵੇ)। (ਜੇ ਬਾਪ ਮਰ ਜਾਵੇ ਤਾਂ) ਉਸ ਦੇ ਵਾਰਸਾਂ ਦੀ ਇਹੋ ਜ਼ਿੰਮੇਵਾਰੀ ਹੈ। ਜੇ ਦੋਵੇਂ (ਮਾਂ-ਪਿਓ) ਆਪਸੀ ਸਹਿਮਤੀ ਅਤੇ ਸਲਾਹ ਮਸ਼ਵਰੇ

ਨਾਲ (ਬੱਚੇ ਦਾ) ਦੁੱਧ ਪਹਿਲਾਂ ਛੁਡਾ ਦੇਣ ਤਾਂ ਦੋਵਾਂ ਲਈ ਕੋਈ ਹਰਜ ਨਹੀਂ, ਜੇ ਤੁਸੀਂ ਆਪਣੀ ਸੰਤਾਨ ਨੂੰ ਕਿਸੇ ਦੂਜੀ ਔਰਤ ਤੋਂ ਦੁੱਧ ਪਿਆਉਣਾ ਚਾਹੋ ਤਾਂ ਵੀ ਕੋਈ ਹਰਜ ਨਹੀਂ ਜਦ ਕਿ ਤੁਸੀਂ ਰਿਵਾਜ ਅਨੁਸਾਰ ਜੋ ਵੀ ਦੇਣਾ ਤੈਅ ਕੀਤਾ ਹੈ ਅਦਾ ਕਰ ਦੇਵੋ। ਤੁਸੀਂ ਅੱਲਾਹ ਤੋਂ ਡਰੋ ਅਤੇ ਯਾਦ ਰੱਖੋ ਕਿ ਬੇਸ਼ੱਕ ਅੱਲਾਹ ਤੁਹਾਡੇ ਸਾਰੇ ਅਮਲਾਂ ਨੂੰ ਜੋ ਵੀ ਤੁਸੀਂ ਕਰਦੇ ਹੋ ਵੇਖਦਾ ਹੈ।

234. ਤੁਹਾਡੇ ਵਿੱਚੋਂ ਜਿਹੜੇ ਲੋਕ ਮਰ ਜਾਣ ਅਤੇ ਆਪਣੇ ਪਿੱਛੇ ਪਤਨੀਆਂ ਛੱਡ ਜਾਣ ਤਾਂ ਉਹ (ਵਿਧਵਾ) ਆਪਣੇ ਆਪ ਨੂੰ ਚਾਰ ਮਹੀਨੇ ਦਸ ਦਿਨ ਤਕ (ਘਰੋਂ ਬਾਹਰ ਜਾਣ ਤੇ ਬਣਾਓ ਸ਼ਿੰਗਾਰ ਤੋਂ) ਰੋਕੀ ਰੱਖਣ। ਜਦੋਂ ਉਹਨਾਂ ਦੀ ਇੱਦਤ ਪੂਰੀ ਹੋ ਜਾਵੇ ਤਾਂ (ਜੇ ਉਹ ਘਰੋਂ ਬਾਹਰ ਜਾਣ ਤੇ ਬਣਾਓ ਸ਼ਿੰਗਾਰ ਕਰਨ) ਤੁਹਾਡੇ ਸਿਰ ਕੋਈ ਗੁਨਾਹ ਨਹੀਂ, ਉਹ (ਵਿਧਵਾ) ਆਪਣੇ ਲਈ (ਇਸਲਾਮੀ) ਦਸਤੂਰ ਅਨੁਸਾਰ ਜੋ ਵੀ ਚਾਹੁਣ (ਵਿਆਹ ਕਰਨ ਦਾ ਜਾਂ ਨਾ ਕਰਨ ਦਾ) ਫ਼ੈਸਲਾ ਕਰ ਸਕਦੀਆਂ ਹਨ। ਅੱਲਾਹ ਤੁਹਾਡੇ ਹਰ ਅਮਲ ਨੂੰ, ਜੋ ਵੀ ਤੁਸੀਂ ਕਰਦੇ ਹੋ, ਭਲੀ-ਭਾਂਤ ਜਾਣਦਾ ਹੈ।

وَالَّذِينَ يُتَوَفَّوْنَ مِنكُمْ وَيَذَرُونَ أَزْوَاجًا
يَتَرَبَّصْنَ بِأَنفُسِهِنَّ أَرْبَعَةَ أَشْهُرٍ وَعَشْرًا ۖ
فَإِذَا بَلَغْنَ أَجَلَهُنَّ فَلَا جُنَاحَ عَلَيْكُمْ فِيمَا
فَعَلْنَ فِي أَنفُسِهِنَّ بِالْمَعْرُوفِ ۗ وَاللَّهُ بِمَا
تَعْمَلُونَ خَبِيرٌ ﴿٢٣٤﴾

235. ਇਸ ਗੱਲ ਵਿਚ ਵੀ ਕੋਈ ਹਰਜ ਨਹੀਂ ਕਿ ਜੇ ਤੁਸੀਂ ਔਰਤਾਂ ਨੂੰ ਉਹਨਾਂ ਦੀ ਇੱਦਤ ਦੇ ਸਮੇਂ ਵਿਚ ਹੀ ਇਸ਼ਾਰਿਆਂ ਰਾਹੀਂ ਨਿਕਾਹ ਦਾ ਸੁਨੇਹਾ ਘੱਲ ਦਿਓ ਜਾਂ ਆਪਣੀ ਇੱਛਾ ਨੂੰ ਮਨ ਵਿਚ ਲੁਕਾਈ ਰੱਖੋ। ਅੱਲਾਹ ਜਾਣਦਾ ਹੈ ਕਿ ਤੁਸੀਂ ਇਹਨਾਂ ਔਰਤਾਂ ਦੀ ਚਰਚਾ (ਦਿਲ ਵਿਚ ਜਾਂ ਘਰ ਵਾਲਿਆਂ ਨਾਲ) ਅਵੱਸ਼ ਹੀ ਕਰੋਗੇ। ਇਹਨਾਂ ਨਾਲ ਨਿਕਾਹ ਲਈ ਗੁਪਤੀ ਵਾਅਦੇ ਨਾ ਕਰੋ ਸਗੋਂ ਇਹੋ

وَلَا جُنَاحَ عَلَيْكُمْ فِيمَا عَرَّضْتُم بِهِ مِنْ
خِطْبَةِ النِّسَاءِ أَوْ أَكْنَنتُمْ فِي أَنفُسِكُمْ ۚ عَلِمَ
اللَّهُ أَنَّكُمْ سَتَذْكُرُونَهُنَّ وَلَٰكِن لَّا تُوَاعِدُوهُنَّ
سِرًّا إِلَّا أَن تَقُولُوا قَوْلًا مَّعْرُوفًا ۚ وَلَا تَعْزِمُوا
عُقْدَةَ النِّكَاحِ حَتَّىٰ يَبْلُغَ الْكِتَابُ أَجَلَهُ ۚ وَاعْلَمُوا
أَنَّ اللَّهَ يَعْلَمُ مَا فِي أَنفُسِكُمْ فَاحْذَرُوهُ ۚ وَاعْلَمُوا
أَنَّ اللَّهَ غَفُورٌ حَلِيمٌ ﴿٢٣٥﴾

ਗੱਲ ਦਸਤੂਰ (ਇਸਲਾਮੀ ਸ਼ਰੀਅਤ) ਅਨੁਸਾਰ ਹੀ ਕਰੋ। ਜਦੋਂ ਤਕ ਇੱਦਤ ਪੂਰੀ ਨਾ ਹੋ ਜਾਵੇ ਨਿਕਾਹ ਦੀ ਗੱਲ ਪੱਕੀ ਨਾ ਕਰੋ। ਖ਼ਬਰਦਾਰ ਤੁਹਾਡੇ ਦਿਲਾਂ ਵਿਚ ਜੋ ਵੀ ਹੈ ਉਹਨਾਂ ਸਭ ਨੂੰ ਅੱਲਾਹ ਜਾਣਦਾ ਹੈ। ਤੁਸੀਂ ਸਾਰੇ ਉਸ ਤੋਂ ਹੀ ਡਰੋ ਬੇਸ਼ੱਕ ਅੱਲਾਹ (ਭੁੱਲਾਂ ਨੂੰ) ਬਖ਼ਸ਼ਣ ਵਾਲਾ ਹੈ ਅਤੇ ਬਹੁਤ ਹੀ ਸਹਿਣਸ਼ੀਲ ਹੈ।

لَا جُنَاحَ عَلَيْكُمْ إِنْ طَلَّقْتُمُ النِّسَاءَ مَا لَمْ تَمَسُّوهُنَّ
أَوْ تَفْرِضُوا لَهُنَّ فَرِيضَةً ۚ وَمَتِّعُوهُنَّ عَلَى
الْمُوسِعِ قَدَرُهُ وَعَلَى الْمُقْتِرِ قَدَرُهُ مَتَاعًا
بِالْمَعْرُوفِ ۖ حَقًّا عَلَى الْمُحْسِنِينَ ﴿٢٣٦﴾

236 ਜੇਕਰ ਤੁਸੀਂ ਆਪਣੀਆਂ ਪਤਨੀਆਂ ਨੂੰ ਹੱਥ ਲਾਉਣ ਜਾਂ ਮਹਿਰ ਨਿਯਤ ਕਰਨ ਤੋਂ ਪਹਿਲਾਂ ਤਲਾਕ ਦੇ ਦਿਓ ਤਾਂ ਤੁਹਾਡੇ ਸਿਰ ਕੋਈ ਗੁਨਾਹ ਨਹੀਂ ਫਿਰ ਵੀ ਉਹਨਾਂ ਨੂੰ ਕੁੱਝ ਮਾਲ ਅਵੱਸ਼ ਹੀ ਦੇ ਦੇਣਾ ਚਾਹੀਦਾ ਹੈ। ਖੁਸ਼ਹਾਲ ਵਿਅਕਤੀ ਲਈ ਉਸ ਦੀ ਪਹੁੰਚ ਅਨੁਸਾਰ ਅਤੇ ਗ਼ਰੀਬ ਨੂੰ ਉਸ ਦੀ ਪਹੁੰਚ ਅਨੁਸਾਰ ਭਲੇ ਤਰੀਕੇ ਨਾਲ ਦੇਣਾ ਚਾਹੀਦਾ ਹੈ। ਨੇਕੀ ਕਰਨ ਵਾਲਿਆਂ ਲਈ ਇੰਜ ਕਰਨਾ ਲਾਜ਼ਮੀ ਹੈ।

وَإِنْ طَلَّقْتُمُوهُنَّ مِنْ قَبْلِ أَنْ تَمَسُّوهُنَّ وَقَدْ
فَرَضْتُمْ لَهُنَّ فَرِيضَةً فَنِصْفُ مَا فَرَضْتُمْ
إِلَّا أَنْ يَعْفُونَ أَوْ يَعْفُوَ الَّذِي بِيَدِهِ عُقْدَةُ
النِّكَاحِ ۚ وَأَنْ تَعْفُوا أَقْرَبُ لِلتَّقْوَىٰ ۚ وَلَا تَنْسَوُا
الْفَضْلَ بَيْنَكُمْ ۚ إِنَّ اللَّهَ بِمَا تَعْمَلُونَ بَصِيرٌ ﴿٢٣٧﴾

237. ਜੇ ਤੁਸੀਂ ਉਹਨਾਂ ਨੂੰ ਹੱਥ ਲਾਉਣ ਤੋਂ ਪਹਿਲਾਂ ਤਲਾਕ ਦੇ ਦਿਓ ਜਦੋਂ ਕਿ ਮਹਿਰ ਨਿਯਤ ਹੋ ਗਿਆ ਹੋਵੇ ਤਾਂ ਇਸ ਮਹਿਰ ਦਾ ਅੱਧਾ ਹਿੱਸਾ ਅਦਾ ਕਰਨਾ ਹੋਵੇਗਾ। ਹਾਂ! ਜੇ ਉਹ ਔਰਤ ਚਾਹਵੇ ਤਾਂ (ਮਹਿਰ) ਮੁਆਫ਼ ਵੀ ਕਰ ਸਕਦੀ ਹੈ ਜਾਂ ਉਹ ਵਿਅਕਤੀ ਮੁਆਫ਼ ਕਰ ਸਕਦਾ ਹੈ ਜਿਸ ਦੇ ਹੱਥ ਵਿਚ ਨਿਕਾਹ ਕਰਨ ਦਾ ਇਖ਼ਤਿਆਰ ਹੈ। ਜੇ ਤੁਸੀਂ ਮੁਆਫ਼ ਕਰ ਦੇਵੋ ਤਾਂ ਇਹ ਨੇਕੀ ਦੇ ਵੱਧ ਨੇੜੇ ਹੈ। ਤੁਸੀਂ ਆਪੋ ਵਿਚਾਲੇ ਭਲਾਈ ਤੇ ਅਹਿਸਾਨ ਵਾਲਾ ਵਰਤਾਓ ਕਰਨਾ ਨਾ ਭੁੱਲੋ। ਬੇਸ਼ੱਕ ਤੁਸੀਂ ਜੋ ਵੀ ਕਰਦੇ ਹੋ ਅੱਲਾਹ ਉਹਨਾਂ ਸਭ ਦੀ ਖ਼ਬਰ ਰੱਖਦਾ ਹੈ।

238. ਤੁਸੀਂ ਆਪਣੀਆਂ ਨਮਾਜ਼ਾਂ ਦੀ ਵਿਸ਼ੇਸ਼ ਕਰ ਵਿਚਕਾਰ ਵਾਲੀ ਨਮਾਜ਼ (ਅਸਰ)[1] ਦੀ ਰਾਖੀ ਕਰੋ ਅਤੇ ਅੱਲਾਹ ਦੇ ਅੱਗੇ ਨਿਮਾਣੇ ਜਿਹੇ ਬਣ ਕੇ ਖੜ੍ਹੇ ਹੋ ਜਾਓ।

حٰفِظُوْا عَلَى الصَّلَوٰتِ وَالصَّلٰوةِ الْوُسْطٰى ۗ وَقُوْمُوْا لِلّٰهِ قٰنِتِيْنَ ﴿238﴾

239. ਜੇ ਤੁਸੀਂ ਬਦਅਮਨੀ ਦੀ ਹਾਲਤ ਵਿਚ ਹੋਵੋ[2] ਤਾਂ ਭਾਵੇਂ ਪੈਦਲ ਹੋਵੋ ਜਾਂ ਸਵਾਰ (ਨਮਾਜ਼ ਪੜ੍ਹ ਲਿਆ ਕਰੋ) ਜਦ ਅਮਨ ਹੋ ਜਾਵੇ ਤਾਂ ਉਸ ਤਰ੍ਹਾਂ ਅੱਲਾਹ ਨੂੰ ਯਾਦ ਕਰੋ (ਭਾਵ ਨਮਾਜ਼ ਪੜ੍ਹੋ) ਜਿਵੇਂ ਤੁਹਾਨੂੰ ਉਸ (ਅੱਲਾਹ) ਨੇ ਉਹ ਸਭ ਸਿਖਾਇਆ ਹੈ ਜਿਸ ਨੂੰ ਤੁਸੀਂ ਪਹਿਲਾਂ ਜਾਣਦੇ ਨਹੀਂ ਸੀ।

فَاِنْ خِفْتُمْ فَرِجَالًا اَوْ رُكْبَانًا ۚ فَاِذَآ اَمِنْتُمْ فَاذْكُرُوا اللّٰهَ كَمَا عَلَّمَكُمْ مَّا لَمْ تَكُوْنُوْا تَعْلَمُوْنَ ﴿239﴾

240. ਜਿਹੜੇ ਵਿਅਕਤੀ (ਤੁਹਾਡੇ ਵਿੱਚੋਂ) ਮਰ ਜਾਣ ਅਤੇ ਪਿੱਛੇ ਪਤਨੀਆਂ ਵੀ ਛੱਡ ਜਾਣ ਉਹਨਾਂ ਲਈ ਆਪਣੀਆਂ ਪਤਨੀਆਂ ਦੇ ਹੱਕ ਵਿਚ ਵਸੀਅਤ ਕਰਨਾ ਲਾਜ਼ਮੀ ਹੋ ਜਾਂਦਾ ਹੈ ਕਿ ਉਹਨਾਂ (ਦੀਆਂ ਵਿਧਵਾਵਾਂ) ਨੂੰ ਖ਼ਰਚਾ ਦਿੱਤਾ ਜਾਵੇ ਅਤੇ ਇਕ ਸਾਲ ਤਕ ਉਹਨਾਂ ਨੂੰ (ਪਤੀ ਦੇ ਘਰੋਂ) ਨਾ ਕੱਢਿਆ ਜਾਵੇ। ਫਿਰ ਜੇ ਉਹ ਆਪੇ ਘਰੋਂ ਚਲੀਆਂ ਜਾਣ ਤਾਂ ਆਪਣੇ ਬਾਰੇ ਸੋਹਣੇ ਢੰਗ

وَالَّذِيْنَ يُتَوَفَّوْنَ مِنْكُمْ وَيَذَرُوْنَ اَزْوَاجًا ۖ وَّصِيَّةً لِّاَزْوَاجِهِمْ مَّتَاعًا اِلَى الْحَوْلِ غَيْرَ اِخْرَاجٍ ۚ فَاِنْ خَرَجْنَ فَلَا جُنَاحَ عَلَيْكُمْ فِيْ مَا فَعَلْنَ فِيْٓ اَنْفُسِهِنَّ مِنْ مَّعْرُوْفٍ ۗ وَاللّٰهُ عَزِيْزٌ حَكِيْمٌ ﴿240﴾

---

1 "ਸਲਾਤੇ ਵੁਸਤਾ" ਵਿਚਕਾਰ ਵਾਲੀ ਨਮਾਜ਼ ਤੋਂ ਭਾਵ ਅਸਰ ਦੀ ਨਮਾਜ਼ ਹੈ ਅੱਲਾਹ ਦੇ ਰਸੂਲ ਨੇ ਫ਼ਰਮਾਇਆ ਜਿਸ ਨੇ ਅਸਰ ਦੀ ਨਮਾਜ਼ ਨਹੀਂ ਪੜ੍ਹੀ ਤਾਂ ਇੰਜ ਸਮਝੋ ਜਿਵੇਂ ਕਿ ਉਸ ਦੇ ਘਰ ਦਾ ਸਾਰਾ ਸਾਮਾਨ ਲੁੱਟ ਲਿਆ ਗਿਆ ਹੋਵੇ। (ਸਹੀ ਬੁਖ਼ਾਰੀ, ਹਦੀਸ: 552)

2 ਇਸ ਆਇਤ ਵਿਚ ਸਲਾਤੇ ਖ਼ੌਫ਼ ਭਾਵ ਡਰ ਵੇਲੇ ਦੀ ਨਮਾਜ਼ ਦਾ ਹੁਕਮ ਹੈ ਜਿਹੜੀ ਲੋੜ ਪੈਣ 'ਤੇ ਪੈਦਲ ਜਾਂ ਸਵਾਰ ਦੋਵੇਂ ਹਾਲਤਾਂ ਵਿਚ ਪੜ੍ਹੀ ਜਾ ਸਕਦੀ ਹੈ। ਸਹੀ ਹਦੀਸਾਂ ਅਨੁਸਾਰ ਇਸ ਨਮਾਜ਼ ਦੀ ਗਿਣਤੀ ਚਾਰ, ਦੋ ਅਤੇ ਇਕ ਰਕਾਅਤ ਪੜ੍ਹਣ ਦੀ ਪੁਸ਼ਟੀ ਵੀ ਹੁੰਦੀ ਹੈ। ਹਦੀਸ ਵਿਚ ਇਸ ਦੀਆਂ ਵੱਖ-ਵੱਖ ਮਿਸਾਲਾਂ ਹਨ। ਹਦੀਸ ਵਿਚ ਹੈ ਕਿ ਨਬੀ (ਸ:) ਨੇ ਇਕ ਟੋਲੀ ਨੂੰ ਦੋ ਰਕਾਅਤ ਨਮਾਜ਼ ਪੜ੍ਹਾਈ। ਜਦ ਕਿ ਦੂਜੀ ਟੋਲੀ ਦੁਸ਼ਮਨਾਂ ਦਾ ਮੁਕਾਬਲਾ ਕਰ ਰਹੀ ਸੀ। ਫਿਰ ਪਹਿਲੀ ਟੋਲੀ ਹਟ ਗਈ ਤੇ ਦੁਸ਼ਮਨ ਦਾ ਮੁਕਾਬਲਾ ਕਰਨ ਲੱਗ ਪਈ ਅਤੇ ਦੂਜੀ ਟੋਲੀ ਨੂੰ ਵੀ ਦੋ ਰਕਾਅਤ ਨਮਾਜ਼ ਪੜ੍ਹਾਈ ਤਾਂ ਇੰਜ ਨਬੀ (ਸ:) ਦੀਆਂ ਚਾਰ ਰਕਾਅਤਾਂ ਹੋਈਆਂ ਅਤੇ ਦੂਜੇ ਲੋਕਾਂ ਦੀਆਂ ਦੋ-ਦੋ ਰਕਾਅਤਾਂ। (ਸਹੀ ਮੁਸਲਿਮ, ਹਦੀਸ: 843)

ਨਾਲ ਉਹ ਜੋ ਕੁੱਝ ਵੀ ਕਰਨ ਉਸ ਵਿਚ ਤੁਹਾਡਾ (ਘਰ ਵਾਲਿਆਂ ਦਾ) ਕੋਈ ਦੋਸ਼ ਨਹੀਂ। ਅੱਲਾਹ ਹੀ ਜ਼ੋਰਾਵਰ ਤੇ ਦਾਨਾਈ ਵਾਲਾ ਹੈ।

241. ਜਿਨ੍ਹਾਂ ਔਰਤਾਂ ਨੂੰ ਤਲਾਕ ਦਿੱਤੀ ਗਈ ਹੈ ਉਹਨਾਂ ਨੂੰ ਸੋਹਣੇ ਢੰਗ ਨਾਲ ਕੁੱਝ (ਮਾਲ) ਦੇ ਕੇ ਹੀ ਘਰੋਂ ਵਿਦਾ ਕੀਤਾ ਜਾਵੇ। ਇੰਜ ਕਰਨਾ ਪਰਹੇਜ਼ਗਾਰਾਂ ਲਈ ਅਤਿ ਜ਼ਰੂਰੀ ਹੈ।

وَلِلْمُطَلَّقٰتِ مَتَاعٌۢ بِالْمَعْرُوْفِ ۭ حَقًّا عَلَي الْمُتَّقِيْنَ (241)

242 ਇੰਜ ਹੀ ਅੱਲਾਹ ਤੁਹਾਡੇ ਲਈ ਆਪਣੀਆਂ ਆਇਤਾਂ ਖੋਲ੍ਹ ਖੋਲ੍ਹ ਕੇ ਬਿਆਨ ਕਰਦਾ ਹੈ ਤਾਂ ਜੋ ਤੁਸੀਂ (ਚੰਗੀ ਤਰ੍ਹਾਂ) ਸਮਝ ਸਕੋ।

كَذٰلِكَ يُبَيِّنُ اللّٰهُ لَكُمْ اٰيٰتِهٖ لَعَلَّكُمْ تَعْقِلُوْنَ (242)

243 (ਹੇ ਨਬੀ!) ਕੀ ਤੁਸੀਂ ਉਹਨਾਂ ਲੋਕਾਂ ਨੂੰ ਨਹੀਂ ਵੇਖਿਆ ਜਿਹੜੇ ਹਜ਼ਾਰਾਂ ਦੀ ਗਿਣਤੀ ਵਿਚ ਸਨ ਅਤੇ ਮੌਤ ਤੋਂ ਡਰਦੇ ਹੋਏ ਆਪਣੇ ਘਰਾਂ ਤੋਂ ਨਿਕਲੇ ਸਨ। ਅੱਲਾਹ ਨੇ ਉਹਨਾਂ ਨੂੰ ਆਖਿਆ ਕਿ ਤੁਸੀਂ ਮਰ ਜਾਓ (ਉਹ ਸਭ ਮਰ ਗਏ) ਫਿਰ ਉਸ ਨੇ ਉਹਨਾਂ ਨੂੰ ਮੁੜ ਜਿਊਂਦਾ ਕੀਤਾ। ਬੇਸ਼ੱਕ ਅੱਲਾਹ ਆਪਣੇ ਬੰਦਿਆਂ 'ਤੇ ਵੱਡੀਆਂ-ਵੱਡੀਆਂ ਮਿਹਰਾਂ ਫ਼ਰਮਾਉਣ ਵਾਲਾ ਹੈ ਪਰ (ਫੇਰ ਵੀ) ਬਹੁਤੇ ਲੋਕ ਸ਼ੁਕਰ ਨਹੀਂ ਕਰਦੇ।

اَلَمْ تَرَ اِلَى الَّذِيْنَ خَرَجُوْا مِنْ دِيَارِھِمْ وَھُمْ اُلُوْفٌ حَذَرَ الْمَوْتِ ۠ فَقَالَ لَهُمُ اللّٰهُ مُوْتُوْا ۣ ثُمَّ اَحْيَاھُمْ ۭ اِنَّ اللّٰهَ لَذُوْ فَضْلٍ عَلَي النَّاسِ وَلٰكِنَّ اَكْثَرَ النَّاسِ لَا يَشْكُرُوْنَ (243)

244. (ਹੇ ਮੁਸਲਮਾਨੋ!) ਤੁਸੀਂ ਅੱਲਾਹ ਦੀ ਰਾਹ ਵਿਚ ਲੜੋ ਅਤੇ ਇਹ ਯਾਦ ਰੱਖੋ ਕਿ ਬੇਸ਼ੱਕ ਅੱਲਾਹ (ਸਭ ਕੁੱਝ) ਸੁਣਨ ਵਾਲਾ ਅਤੇ ਜਾਣਨ ਵਾਲਾ ਹੈ।

وَقَاتِلُوْا فِيْ سَبِيْلِ اللّٰهِ وَاعْلَمُوْٓا اَنَّ اللّٰهَ سَمِيْعٌ عَلِيْمٌ (244)

245. ਕੌਣ ਹੈ ਜਿਹੜਾ ਅੱਲਾਹ ਨੂੰ ਸੋਹਣਾ ਕਰਜ਼ਾ ਦੇਵੇ ਤਾਂ ਜੋ ਅੱਲਾਹ ਵੀ ਉਸ ਦੇ ਮਾਲ ਵਿਚ ਕਈ ਗੁਣਾ ਵਧਾ ਕੇ ਮੋੜ ਦੇਵੇ? ਕਿਉਂ ਜੋ ਘਟਾਉਣਾ ਤੇ ਵਧਾਉਣਾ (ਤੰਗੀ ਤੇ ਖ਼ੁਸ਼ਹਾਲੀ) ਅੱਲਾਹ ਦੇ ਹੀ

مَنْ ذَا الَّذِيْ يُقْرِضُ اللّٰهَ قَرْضًا حَسَنًا فَيُضٰعِفَهٗ لَهٗٓ اَضْعَافًا كَثِيْرَةً ۭ وَاللّٰهُ يَقْبِضُ وَيَبْصُۜطُ ۠ وَاِلَيْهِ تُرْجَعُوْنَ (245)

ਵੱਸ ਵਿਚ ਹੈ ਅਤੇ ਤੁਸੀਂ ਸਾਰੇ ਉਸੇ ਵੱਲ ਪਰਤੋਂਗੇ।

246. (ਹੇ ਨਬੀ!) ਕੀ ਤੁਸੀਂ ਮੂਸਾ ਤੋਂ ਬਾਅਦ ਬਨੀ ਇਸਰਾਈਲ ਦੀ ਇਕ (ਉਹ) ਜਮਾਅਤ ਨਹੀਂ ਵੇਖੀ ਜਦੋਂ ਉਹਨਾਂ ਨੇ ਆਪਣੇ ਨਬੀ ਨੂੰ ਕਿਹਾ ਸੀ ਕਿ ਸਾਡੇ ਲਈ ਇਕ ਬਾਦਸ਼ਾਹ ਨਿਯੁਕਤ ਕਰ ਦਿਓ ਤਾਂ ਜੋ ਅਸੀਂ ਵੀ ਅੱਲਾਹ ਦੀ ਰਾਹ ਵਿਚ ਲੜਾਈ ਕਰੀਏ। ਉਸ (ਨਬੀ) ਨੇ ਆਖਿਆ ਕਿ ਹੋ ਸਕਦਾ ਹੈ ਕਿ ਜੇ ਤੁਹਾਡੇ 'ਤੇ ਜਿਹਾਦ ਫ਼ਰਜ਼ ਕਰ ਦਿੱਤਾ ਜਾਵੇ ਤਾਂ ਤੁਸੀਂ ਜਿਹਾਦ ਨਾ ਕਰੋ। ਉਹਨਾਂ (ਕੌਮ) ਨੇ ਕਿਹਾ ਕਿ ਭਲਾ ਸਾਨੂੰ ਕੀ ਹੋਇਆ ਹੈ ਕਿ ਅਸੀਂ ਅੱਲਾਹ ਦੀ ਰਾਹ ਵਿਚ ਨਹੀਂ ਲੜਾਂਗੇ ਜਦ ਕਿ ਸਾਨੂੰ ਆਪਣੇ ਘਰਾਂ ਤੋਂ ਬੇਘਰ ਅਤੇ ਆਪਣੀ ਔਲਾਦ ਤੋਂ ਦੂਰ ਕਰ ਦਿੱਤਾ ਗਿਆ ਹੈ। ਜਦੋਂ ਉਹਨਾਂ 'ਤੇ ਲੜਣਾ ਫ਼ਰਜ਼ ਕਰ ਦਿੱਤਾ ਗਿਆ ਤਾਂ ਕੁੱਝ ਲੋਕਾਂ ਨੂੰ ਛੱਡ ਕੇ ਸਾਰੇ (ਆਪਣੀਆਂ ਗੱਲਾਂ ਤੋਂ) ਫਿਰ (ਮੁਕਰ) ਗਏ ਅੱਲਾਹ ਜ਼ਾਲਮਾਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

أَلَمْ تَرَ إِلَى الْمَلَإِ مِنْ بَنِي إِسْرَائِيلَ مِنْ بَعْدِ
مُوسَىٰ إِذْ قَالُوا لِنَبِيٍّ لَهُمُ ابْعَثْ لَنَا مَلِكًا
نُقَاتِلْ فِي سَبِيلِ اللَّهِ ۖ قَالَ هَلْ عَسَيْتُمْ
إِنْ كُتِبَ عَلَيْكُمُ الْقِتَالُ أَلَّا تُقَاتِلُوا ۖ قَالُوا
وَمَا لَنَا أَلَّا نُقَاتِلَ فِي سَبِيلِ اللَّهِ وَقَدْ أُخْرِجْنَا
مِنْ دِيَارِنَا وَأَبْنَائِنَا ۖ فَلَمَّا كُتِبَ عَلَيْهِمُ
الْقِتَالُ تَوَلَّوْا إِلَّا قَلِيلًا مِنْهُمْ ۗ وَاللَّهُ عَلِيمٌ
بِالظَّالِمِينَ ﴿٢٤٦﴾

247. ਉਹਨਾਂ ਦੇ ਨਬੀ (ਸਮੋਈਲ) ਨੇ ਆਖਿਆ ਕਿ ਅੱਲਾਹ ਨੇ ਤੁਹਾਡੇ ਲਈ ਤਾਲੂਤ ਨੂੰ ਬਾਦਸ਼ਾਹ ਨਿਯੁਕਤ ਕੀਤਾ ਹੈ। ਉਹਨਾਂ (ਕੌਮ) ਨੇ ਕਿਹਾ ਕਿ ਉਹ ਸਾਡੇ 'ਤੇ ਹਕੂਮਤ ਕਿਵੇਂ ਕਰ ਸਕਦਾ ਹੈ, ਜਦ ਕਿ ਅਸੀਂ ਉਸ ਤੋਂ ਵੱਧ ਬਾਦਸ਼ਾਹਤ ਦੇ ਹੱਕਦਾਰ ਹਾਂ? ਉਸ ਦੇ ਕੋਲ ਤਾਂ ਧਨ ਦੌਲਤ ਦੀ ਫ਼ਰਾਖੀ ਵੀ ਨਹੀਂ। ਉਸ (ਨਬੀ) ਨੇ ਕਿਹਾ ਬੇਸ਼ੱਕ ਅੱਲਾਹ ਨੇ ਤੁਹਾਡੇ ਲਈ ਉਸੇ (ਤਾਲੂਤ) ਦੀ ਚੋਣ ਕੀਤੀ ਹੈ ਅਤੇ ਉਸ ਨੂੰ ਗਿਆਨ ਅਤੇ ਸਰੀਰਿਕ ਸ਼ਕਤੀ ਪੱਖੋਂ ਬਹੁਤ

وَقَالَ لَهُمْ نَبِيُّهُمْ إِنَّ اللَّهَ قَدْ بَعَثَ لَكُمْ
طَالُوتَ مَلِكًا ۚ قَالُوا أَنَّىٰ يَكُونُ لَهُ الْمُلْكُ
عَلَيْنَا وَنَحْنُ أَحَقُّ بِالْمُلْكِ مِنْهُ وَلَمْ يُؤْتَ
سَعَةً مِنَ الْمَالِ ۚ قَالَ إِنَّ اللَّهَ اصْطَفَاهُ عَلَيْكُمْ
وَزَادَهُ بَسْطَةً فِي الْعِلْمِ وَالْجِسْمِ ۖ وَاللَّهُ يُؤْتِي
مُلْكَهُ مَنْ يَشَاءُ ۚ وَاللَّهُ وَاسِعٌ عَلِيمٌ ﴿٢٤٧﴾

ਸੌਂਪ ਦਿੱਤੀ ਹੈ। ਅੱਲਾਹ ਜਿਸ ਨੂੰ ਵੀ ਚਾਹੁੰਦਾ ਹੈ ਰਾਜਪਾਟ ਬਖ਼ਸ਼ ਦਿੰਦਾ ਅਤੇ ਅੱਲਾਹ ਹੀ ਵੱਡੀ ਫ਼ਰਾਖ਼ੀ ਵਾਲਾ ਅਤੇ ਸਭ ਕੁੱਝ ਜਾਣਨ ਵਾਲਾ ਹੈ।

248. ਉਹਨਾਂ (ਕੌਮ) ਦੇ ਨਬੀ (ਸਮੋਈਲ) ਨੇ ਉਹਨਾਂ ਨੂੰ (ਬਾਦਸ਼ਾਹ ਦੀ ਨਿਸ਼ਾਨੀ ਪੁੱਛਣ 'ਤੇ) ਕਿਹਾ ਕਿ ਉਸ ਦੀ ਬਾਦਸ਼ਾਹਤ ਦੀ ਨਿਸ਼ਾਨੀ ਇਹ ਹੈ ਕਿ ਤੁਹਾਡੇ ਕੋਲ ਉਹ ਸੰਦੂਕ ਆਵੇਗਾ ਜਿਸ ਵਿਚ ਤੁਹਾਡੇ ਰੱਬ ਵੱਲੋਂ ਤੁਹਾਡੇ (ਦਿਲਾਂ ਦੀ) ਤਸੱਲੀ ਲਈ ਉਹ ਸਾਰੀਆਂ ਚੀਜ਼ਾਂ ਹੋਣਗੀਆਂ ਜਿਹੜੀਆਂ ਮੂਸਾ ਤੇ ਹਾਰੂਨ ਦੀਆਂ ਔਲਾਦਾਂ ਛੱਡ ਗਈਆਂ ਸਨ ਅਤੇ ਇਸ (ਸੰਦੂਕ) ਨੂੰ ਫ਼ਰਿਸ਼ਤੇ ਚੁੱਕ ਕੇ ਲਿਆਉਣਗੇ। ਬੇਸ਼ੱਕ ਇਸ ਵਿਚ ਤੁਹਾਡੇ ਲਈ ਇਕ ਵੱਡੀ ਨਿਸ਼ਾਨੀ ਹੈ ਜੇ ਤੁਸੀਂ ਈਮਾਨ ਵਾਲੇ ਹੋ।

وَقَالَ لَهُمْ نَبِيُّهُمْ إِنَّ آيَةَ مُلْكِهِ أَنْ يَأْتِيَكُمُ
التَّابُوتُ فِيهِ سَكِينَةٌ مِنْ رَبِّكُمْ وَبَقِيَّةٌ مِمَّا
تَرَكَ آلُ مُوسَىٰ وَآلُ هَارُونَ تَحْمِلُهُ الْمَلَائِكَةُ ۚ
إِنَّ فِي ذَٰلِكَ لَآيَةً لَكُمْ إِنْ كُنْتُمْ مُؤْمِنِينَ ﴿٢٤٨﴾

249. ਜਦੋਂ ਤਾਲੂਤ ਆਪਣੀਆਂ ਫ਼ੌਜਾਂ ਲੈਕੇ (ਲੜਣ ਲਈ) ਨਿਕਲਿਆ ਤਾਂ ਉਸ ਨੇ ਕਿਹਾ ਕਿ ਹੇ ਫ਼ੌਜੀਓ! ਅੱਲਾਹ ਤੁਹਾਨੂੰ ਇਕ ਨਹਿਰ ਉੱਤੇ ਪਰਖੇਗਾ, ਜਿਸ ਨੇ ਵੀ ਉਸ ਨਹਿਰ ਤੋਂ (ਰੱਜ ਕੇ) ਪਾਣੀ ਪੀ ਲਿਆ ਉਸ ਦਾ ਸੰਬੰਧ ਮੇਰੇ ਨਾਲ ਨਹੀਂ ਰਹੇਗਾ ਅਤੇ ਜਿਹੜਾ ਉਸ ਪਾਣੀ ਦਾ ਸੁਆਦ ਵੀ ਨਹੀਂ ਚਖੇਗਾ ਉਹ ਮੇਰਾ (ਸਾਥੀ) ਹੈ। ਹਾਂ! ਜੇ ਕੋਈ ਆਪਣੇ ਹੱਥ ਵਿਚ ਇਕ ਅੱਧੀ ਪਾਣੀ ਦੀ ਚੁੱਲੀ ਲੈ ਲੇਵੇ ਤਾਂ ਵੀ ਕੋਈ ਗੱਲ ਨਹੀਂ। ਪਰ ਉਹਨਾਂ (ਫ਼ੌਜੀਆਂ) ਵਿਚ ਥੋੜ੍ਹੇ ਜਿਹਾ ਨੂੰ ਛੱਡ ਕੇ ਸਭ ਨੇ ਉਸ

فَلَمَّا فَصَلَ طَالُوتُ بِالْجُنُودِ قَالَ إِنَّ اللَّهَ
مُبْتَلِيكُمْ بِنَهَرٍ فَمَنْ شَرِبَ مِنْهُ فَلَيْسَ
مِنِّي وَمَنْ لَمْ يَطْعَمْهُ فَإِنَّهُ مِنِّي إِلَّا مَنِ
اغْتَرَفَ غُرْفَةً بِيَدِهِ ۚ فَشَرِبُوا مِنْهُ إِلَّا قَلِيلًا
مِنْهُمْ ۚ فَلَمَّا جَاوَزَهُ هُوَ وَالَّذِينَ آمَنُوا مَعَهُ
قَالُوا لَا طَاقَةَ لَنَا الْيَوْمَ بِجَالُوتَ وَجُنُودِهِ ۚ
قَالَ الَّذِينَ يَظُنُّونَ أَنَّهُمْ مُلَاقُو اللَّهِ كَمْ مِنْ
فِئَةٍ قَلِيلَةٍ غَلَبَتْ فِئَةً كَثِيرَةً بِإِذْنِ اللَّهِ ۗ
وَاللَّهُ مَعَ الصَّابِرِينَ ﴿٢٤٩﴾

[1] ਇਹ ਉਹ ਸਕੀਨਤ ਭਾਵ ਤਸੱਲੀ ਵਾਲਾ ਸਾਮਾਨ ਹੈ ਜਿਸ ਦੀ ਚਰਚਾ ਹਦੀਸ ਵਿਚ ਕੀਤੀ ਗਈ ਹੈ। ਹਜ਼ਰਤ ਬਰਾ ਬਿਨ ਆਜ਼ਿਬ (ਰ:ਅ:) ਤੋਂ ਪਤਾ ਚਲਦਾ ਹੈ ਕਿ ਹਜ਼ਰਤ ਉਸੈਦ ਬਿਨ ਉਜ਼ੈਰ (ਰ:ਅ:) ਕਹਫ਼ ਸੂਰਤ ਪੜ੍ਹ ਰਹੇ ਸੀ ਅਤੇ ਉਹਨਾਂ ਦੇ ਲਾਗੇ ਇਕ ਘੋੜਾ ਰੱਸੀਆਂ ਨਾਲ ਬੰਨ੍ਹਿਆਂ ਖੜਾ ਸੀ ਕਿ ਇਕ ਬੱਦਲੀ ਹੇਠ ਨੂੰ ਆਉਣ ਲੱਗੀ, ਜਿਹੜੀ ਉਹਨਾਂ ਦੇ ਨੇੜੇ ਆ ਰਹੀ ਸੀ। ਇੱਥੋਂ ਤਕ ਕਿ ਘੋੜਾ ਉਸ ਬੱਦਲੀ ਨੂੰ ਵੇਖ ਕੇ ਟੱਪਣ ਲੱਗ ਪਿਆ। ਜਦੋਂ ਸਵੇਰ ਹੋਣ 'ਤੇ ਮੈਂ ਇਹ ਘਟਨਾ ਰਸੂਲ (ਸ:) ਨੂੰ ਦੱਸੀ ਤਾਂ ਆਪ (ਸ:) ਨੇ ਫ਼ਰਮਾਇਆ, ਇਹ ਸਕੀਨਤ ਹੈ, ਭਾਵ ਮਨ ਦੀ ਸ਼ਾਂਤੀ ਸੀ ਜਿਹੜੀ ਕੁਰਆਨ ਪੜ੍ਹਣ ਕਾਰਨ ਨਾਜ਼ਿਲ ਹੋਈ ਸੀ। (ਸਹੀ ਬੁਖ਼ਾਰੀ, ਹਦੀਸ 5011)

(ਨਹਿਰ) ਦਾ ਪਾਣੀ ਪੀ ਲਿਆ। ਜਦੋਂ ਤਾਲੂਤ ਨੇ ਅਤੇ ਉਸ ਦੇ ਸਾਥੀਆਂ ਨੇ, ਜਿਹੜੇ ਉਸ 'ਤੇ ਈਮਾਨ ਲਿਆਏ ਸਨ, ਉਸ ਨਹਿਰ ਨੂੰ ਪਾਰ ਕਰ ਲਿਆ ਤਾਂ ਉਹਨਾਂ (ਫ਼ੌਜੀਆਂ) ਨੇ ਆਪਸ ਵਿਚ ਕਿਹਾ ਕਿ ਅੱਜ ਸਾਡੇ 'ਚ ਜਾਲੂਤ ਅਤੇ ਉਹਦੀਆਂ ਫ਼ੌਜਾਂ ਨਾਲ ਲੜਣ ਦੀ ਹਿੰਮਤ ਨਹੀਂ ਪਰ ਉਹ ਲੋਕ ਜਿਹੜੇ ਇਸ ਗੱਲ 'ਤੇ ਵਿਸ਼ਵਾਸ ਰੱਖਦੇ ਸਨ ਕਿ ਬੇਸ਼ੱਕ ਉਹ ਇਕ ਦਿਨ ਅੱਲਾਹ ਨੂੰ ਮਿਲਣ ਵਾਲੇ ਹਨ, ਉਹਨਾਂ ਨੇ ਕਿਹਾ ਕਿ ਕਈ ਵਾਰ ਇਕ ਛੋਟੀ ਜਿਹੀ ਟੋਲੀ ਵੀ ਅੱਲਾਹ ਦੇ ਹੁਕਮ ਨਾਲ ਵੱਡੀ ਟੋਲੀ 'ਤੇ ਭਾਰੂ ਹੋ ਜਾਂਦੀ ਹੈ ਅਤੇ ਅੱਲਾਹ ਸਬਰ ਕਰਨ (ਮੈਦਾਨ ਵਿਚ ਡਟੇ ਰਹਿਣ) ਵਾਲਿਆਂ ਦਾ ਸਾਥ ਦਿੰਦਾ ਹੈ।

250. ਜਦੋਂ ਉਹ (ਤਾਲੂਤ ਦੇ ਫ਼ੌਜੀ) ਜਾਲੂਤ ਅਤੇ ਉਸ ਦੀਆਂ ਫ਼ੌਜਾਂ ਦੇ ਮੁਕਾਬਲੇ ਲਈ ਨਿਕਲੇ ਤਾਂ ਉਹਨਾਂ ਨੇ ਦੁਆ ਕੀਤੀ ਕਿ ਹੇ ਸਾਡੇ ਮਾਲਿਕ! ਸਾਨੂੰ ਸਬਰ ਦੇ ਅਤੇ (ਜੰਗ ਵਿਚ) ਸਾਡੇ ਪੈਰ ਜਮਾਈਂ ਰੱਖ ਅਤੇ ਕਾਫ਼ਰਾਂ ਦੇ ਵਿਰੁੱਧ ਸਾਡੀ ਮਦਦ ਕਰ।

وَلَمَّا بَرَزُوا لِجَالُوتَ وَجُنُودِهِ قَالُوا رَبَّنَا
أَفْرِغْ عَلَيْنَا صَبْرًا وَثَبِّتْ أَقْدَامَنَا وَانصُرْنَا
عَلَى الْقَوْمِ الْكَافِرِينَ ﴿٢٥٠﴾

251. ਅੰਤ ਮੋਮਿਨਾਂ ਨੇ ਅੱਲਾਹ ਦੇ ਹੁਕਮ ਨਾਲ ਕਾਫ਼ਰਾਂ ਨੂੰ ਹਰਾ ਦਿੱਤਾ ਅਤੇ ਦਾਊਦ ਨੇ ਜਾਲੂਤ ਨੂੰ ਕਤਲ ਕਰ ਦਿੱਤਾ। ਅੱਲਾਹ ਨੇ ਦਾਊਦ ਨੂੰ ਬਾਦਸ਼ਾਹਤ ਅਤੇ ਸਮਝ ਬੂਝ (ਪੈਗ਼ੰਬਰੀ) ਬਖ਼ਸ਼ੀ ਅਤੇ ਜੋ ਚਾਹਿਆ ਉਸ ਨੂੰ ਉਚਿਤ ਗਿਆਨ ਸਿੱਖਿਆਇਆ। ਜੇ ਅੱਲਾਹ ਲੋਕਾਂ ਦੀ ਇਕ ਜਮਾਅਤ ਨੂੰ ਦੂਜੀ ਜਮਾਅਤ ਰਾਹੀਂ ਹਟਾਉਂਦਾ ਨਾ ਰਹਿੰਦਾ ਤਾਂ ਧਰਤੀ ਦੀ ਸਾਰੀ ਵਿਵਸਥਾ ਹੀ

فَهَزَمُوهُم بِإِذْنِ اللَّهِ وَقَتَلَ دَاوُودُ جَالُوتَ
وَآتَاهُ اللَّهُ الْمُلْكَ وَالْحِكْمَةَ وَعَلَّمَهُ مِمَّا
يَشَاءُ ۗ وَلَوْلَا دَفْعُ اللَّهِ النَّاسَ بَعْضَهُم
بِبَعْضٍ لَّفَسَدَتِ الْأَرْضُ وَلَٰكِنَّ اللَّهَ
ذُو فَضْلٍ عَلَى الْعَالَمِينَ ﴿٢٥١﴾

ਵਿਗੜ ਜਾਂਦੀ ਅਤੇ ਅੱਲਾਹ ਤਾਂ ਕੁਲ ਜਹਾਨ 'ਤੇ ਆਪਣੀ ਮਿਹਰਬਾਨੀਆਂ ਫ਼ਰਮਾਉਣ ਵਾਲਾ ਹੈ।

تِلْكَ اٰيٰتُ اللّٰهِ نَتْلُوْهَا عَلَيْكَ بِالْحَقِّ ؕ وَاِنَّكَ لَمِنَ الْمُرْسَلِيْنَ ﴿252﴾

252. (ਹੇ ਨਬੀ !) ਇਹ ਸਾਡੀਆਂ ਆਇਤਾਂ (ਆਦੇਸ਼) ਹਨ। ਅਸੀਂ (ਅੱਲਾਹ) ਪੂਰੀ ਸੱਚਾਈ ਨਾਲ ਉਹਨਾਂ ਨੂੰ ਤੁਹਾਡੇ ਲਈ ਵਰਣਨ ਕਰਦੇ ਹਾਂ। ਬੇਸ਼ੱਕ ਤੁਸੀਂ ਰਸੂਲਾਂ ਵਿੱਚੋਂ ਹੀ ਹੋ।[1]

[1] ਇਸ ਆਇਤ ਵਿਚ ਅੱਲਾਹ ਦੇ ਰਸੂਲ (ਸ:) ਦੀ ਪੈਗ਼ੰਬਰੀ ਦੀ ਪੁਸ਼ਟੀ ਹੁੰਦੀ ਹੈ ਕਿ ਆਪ (ਸ:) ਦੀ ਪੈਗ਼ੰਬਰੀ ਕਿਆਮਤ ਤਕ ਦੇ ਆਉਣ ਵਾਲੇ ਮਨੁੱਖਾਂ ਲਈ ਹੈ। ਆਪ ਜੀ (ਸ:) ਅੱਲਾਹ ਦੇ ਆਖ਼ਰੀ ਪੈਗ਼ੰਬਰ ਸੀ ਹੁਣ ਹੋਰ ਕੋਈ ਰਸੂਲ ਨਹੀਂ ਆਵੇਗਾ। ਇਨ੍ਹਾਂ ਸਾਰੀਆਂ ਗੱਲਾਂ ਦਾ ਵਿਸਥਾਰ ਸਹਿਤ ਵੇਰਵਾ ਵੇਖੋ। (ਸਹੀ ਬੁਖ਼ਾਰੀ, ਹਦੀਸ: 335, 3535)

253. ਇਹ ਸਾਰੇ ਹੀ ਰਸੂਲ ਹਨ, ਅਸੀਂ ਇਹਨਾਂ ਨੂੰ ਇਕ ਦੂਜੇ (ਰਸੂਲ) ਨਾਲੋਂ ਵੱਧ ਕੇ ਮਰਾਤਬੇ (ਵਡਿਆਈ) ਬਖ਼ਸ਼ੇ, ਇਹਨਾਂ ਵਿੱਚੋਂ ਕੁੱਝ ਉਹ ਵੀ ਹਨ ਜਿਨ੍ਹਾਂ ਨਾਲ ਅੱਲਾਹ ਨੇ ਆਪ ਗੱਲਾਂ ਕੀਤੀਆਂ ਅਤੇ ਇਹਨਾਂ ਵਿੱਚੋਂ ਹੀ ਕੁੱਝ ਦੇ ਮਰਤਬੇ (ਕੁੱਝ ਹੋਰ ਪੱਖੋਂ) ਉੱਚੇ ਕੀਤੇ। ਅਸੀਂ ਮਰੀਅਮ ਦੇ ਪੁੱਤਰ ਈਸਾ ਨੂੰ (ਨਬੀ ਹੋਣ ਦੀਆਂ) ਖੁੱਲ੍ਹੀਆਂ ਨਿਸ਼ਾਨੀਆਂ ਬਖ਼ਸ਼ੀਆਂ ਅਤੇ ਪਵਿੱਤਰ ਰੂਹ (ਜਿਬਰਾਈਲ) ਰਾਹੀਂ ਉਹਨਾਂ ਦੀ ਮਦਦ ਕੀਤੀ। ਜੇ ਅੱਲਾਹ ਚਾਹੁੰਦਾ ਤਾਂ ਉਹਨਾਂ ਰਸੂਲਾਂ ਦੇ ਆਉਣ ਤੋਂ ਬਾਅਦ ਵਿਚ ਆਉਣ ਵਾਲੇ ਲੋਕ ਆਪੋ ਵਿਚ ਨਾ ਲੜਦੇ ਜਦੋਂ ਕਿ ਉਹਨਾਂ ਕੋਲ (ਨਬੀ ਹੋਣ ਦੀਆਂ) ਖੁੱਲ੍ਹੀਆਂ ਨਿਸ਼ਾਨੀਆਂ ਆ ਚੁੱਕੀਆਂ ਸਨ। ਪਰ ਫਿਰ ਵੀ ਉਹਨਾਂ ਨੇ (ਆਪਸ ਵਿਚ) ਮਤਭੇਦ ਕੀਤਾ। ਸੋ ਉਹਨਾਂ ਵਿੱਚੋਂ ਹੀ ਕੁੱਝ ਉਹ ਹਨ ਜਿਹੜੇ (ਈਸਾ 'ਤੇ) ਈਮਾਨ ਲਿਆਏ ਅਤੇ ਕੁੱਝ ਨੇ ਇਨਕਾਰ ਕਰ ਦਿੱਤਾ। ਜੇ ਅੱਲਾਹ ਚਾਹੁੰਦਾ ਤਾਂ ਉਹ ਉੱਕਾ ਹੀ ਨਾ ਲੜਦੇ ਪਰ ਅੱਲਾਹ ਜੋ ਚਾਹੁੰਦਾ ਹੈ ਕਰਦਾ ਹੈ।

تِلْكَ الرُّسُلُ فَضَّلْنَا بَعْضَهُمْ عَلٰى بَعْضٍ ۘ
مِنْهُمْ مَّنْ كَلَّمَ اللّٰهُ وَرَفَعَ بَعْضَهُمْ دَرَجٰتٍ ؕ
وَاٰتَيْنَا عِيْسَى ابْنَ مَرْيَمَ الْبَيِّنٰتِ وَاَيَّدْنٰهُ
بِرُوْحِ الْقُدُسِ ؕ وَلَوْ شَآءَ اللّٰهُ مَا اقْتَتَلَ
الَّذِيْنَ مِنْۢ بَعْدِهِمْ مِّنْۢ بَعْدِ مَا جَآءَتْهُمُ
الْبَيِّنٰتُ وَلٰكِنِ اخْتَلَفُوْا فَمِنْهُمْ مَّنْ اٰمَنَ
وَمِنْهُمْ مَّنْ كَفَرَ ؕ وَلَوْ شَآءَ اللّٰهُ مَا اقْتَتَلُوْا ۟
وَلٰكِنَّ اللّٰهَ يَفْعَلُ مَا يُرِيْدُ ﴿253﴾

254 ਹੇ ਈਮਾਨ ਵਾਲਿਓ! ਅਸੀਂ ਜੋ ਵੀ ਤੁਹਾਨੂੰ (ਮਾਲ) ਦਿੱਤਾ ਹੈ ਉਸ ਵਿੱਚੋਂ (ਅੱਲਾਹ ਦੀ ਰਾਹ ਵਿਚ) ਖ਼ਰਚ ਕਰੋ, ਇਸ ਤੋਂ ਪਹਿਲਾਂ ਕਿ ਉਹ ਦਿਨ (ਕਿਆਮਤ ਦਾ) ਆ ਜਾਵੇ ਜਿਸ ਵਿਚ ਨਾ ਕੋਈ ਲੈਣ ਦੇਣ ਹੋਵੇਗਾ ਅਤੇ ਨਾ ਹੀ ਕੋਈ ਦੋਸਤੀ ਜਾਂ ਸਿਫ਼ਾਰਸ਼ ਹੀ ਕੰਮ ਆਵੇਗੀ। ਇਹਨਾਂ ਗੱਲਾਂ ਦਾ ਇਨਕਾਰ ਕਰਨ ਵਾਲੇ ਹੀ ਜ਼ਾਲਿਮ ਹਨ।

يٰۤاَيُّهَا الَّذِيْنَ اٰمَنُوْۤا اَنْفِقُوْا مِمَّا رَزَقْنٰكُمْ مِّنْ
قَبْلِ اَنْ يَّاْتِىَ يَوْمٌ لَّا بَيْعٌ فِيْهِ وَلَا خُلَّةٌ وَّلَا
شَفَاعَةٌ ؕ وَالْكٰفِرُوْنَ هُمُ الظّٰلِمُوْنَ ﴿254﴾

255 ਉਹ ਅੱਲਾਹ ਹੈ ਉਸ ਤੋਂ ਛੁੱਟ ਕੋਈ ਵੀ (ਸੱਚਾ) ਇਸ਼ਟ ਨਹੀਂ (ਸਦਾ ਲਈ) ਜਿਊਂਦਾ ਹੈ, ਸਮੁੱਚੀ (ਸ੍ਰਿਸ਼ਟੀ) ਨੂੰ ਸੰਭਾਲਿਆ ਹੋਇਆ ਹੈ, ਨਾ ਹੀ ਉਸ ਨੂੰ ਊਂਘ ਆਉਂਦੀ ਹੈ ਅਤੇ ਨਾ ਹੀ ਉਹ ਸੌਂਦਾ ਹੈ। ਅਕਾਸ਼ਾਂ ਅਤੇ ਧਰਤੀ ਵਿਚ ਜੋ ਕੁਝ ਵੀ ਹੈ ਉਹ ਸਭ ਉਸੇ ਦਾ ਹੈ ਉਹ ਕਿਹੜਾ ਹੈ ਜਿਹੜਾ ਉਸ ਦੇ ਅੱਗੇ ਬਿਨਾਂ ਉਸ ਦੀ ਆਗਿਆ ਤੋਂ ਕਿਸੇ ਦੀ ਸਫ਼ਾਰਸ਼ ਕਰ ਸਕੇ? ਉਹੀਓ ਜਾਣਦਾ ਹੈ ਜੋ ਲੋਕਾਂ (ਦੀਆਂ ਅੱਖਾਂ ਦੇ) ਸਾਹਮਣੇ ਹੈ ਅਤੇ ਜੋ ਉਹਨਾਂ ਦੇ ਓਹਲੇ ਹੈ। ਲੋਕੀ ਉਸ ਦੇ ਗਿਆਨ 'ਚੋਂ ਕੁੱਝ ਵੀ ਆਪਣੇ ਅਧੀਨ ਨਹੀਂ ਕਰ ਸਕਦੇ, ਛੁੱਟ ਉਸ ਗੱਲ ਤੋਂ (ਜਿਸ ਦੀ ਜਾਣਕਾਰੀ) ਉਹ ਆਪ ਹੀ ਦੇਣਾ ਚਾਹੇ। ਉਸ ਦੀ ਕੁਰਸੀ[1] (ਬਾਦਸ਼ਾਹੀ ਤਖ਼ਤ) ਨੇ ਅਕਾਸ਼ਾਂ ਤੇ ਧਰਤੀ (ਦੀ ਹਰ ਚੀਜ਼) ਨੂੰ ਆਪਣੇ ਘੇਰੇ ਵਿਚ ਲਿਆ ਹੋਇਆ ਹੈ ਅਤੇ ਉਹ (ਅੱਲਾਹ) ਉਹਨਾਂ ਸਭ ਦੀ ਰਾਖੀ ਕਰਦਾ

ٱللَّهُ لَآ إِلَٰهَ إِلَّا هُوَ ٱلْحَىُّ ٱلْقَيُّومُ ۚ لَا تَأْخُذُهُۥ
سِنَةٌ وَلَا نَوْمٌ ۚ لَّهُۥ مَا فِى ٱلسَّمَٰوَٰتِ وَمَا فِى
ٱلْأَرْضِ ۗ مَن ذَا ٱلَّذِى يَشْفَعُ عِندَهُۥٓ إِلَّا بِإِذْنِهِۦ ۚ
يَعْلَمُ مَا بَيْنَ أَيْدِيهِمْ وَمَا خَلْفَهُمْ ۖ
وَلَا يُحِيطُونَ بِشَىْءٍ مِّنْ عِلْمِهِۦٓ إِلَّا بِمَا شَآءَ ۚ
وَسِعَ كُرْسِيُّهُ ٱلسَّمَٰوَٰتِ وَٱلْأَرْضَ ۖ وَلَا يَـُٔودُهُۥ
حِفْظُهُمَا ۚ وَهُوَ ٱلْعَلِىُّ ٱلْعَظِيمُ ٢٥٥

---

1 ਨਬੀ ਕਰੀਮ (ਸ:) ਦਾ ਫ਼ਰਮਾਨ ਹੈ ਕਿ ਸੱਤ ਅਕਾਸ਼ਾਂ ਦੀ ਮਹੱਤਤਾ ਕੁਰਸੀ ਦੇ ਮੁਕਾਬਲੇ ਵਿਚ ਕੇਵਲ ਇੰਨੀ ਹੈ ਜਿੰਨੀ ਕਿਸੇ ਖ਼ਾਲੀ ਥਾਂ 'ਤੇ ਕੋਈ ਮੁੰਦਰ ਪਈ ਹੋਵੇ ਜਦ ਕਿ ਅਰਸ਼ ਦੀ ਮਹੱਤਤਾ ਕੁਰਸੀ ਦੇ ਮੁਕਾਬਲੇ ਵਿਚ ਐਵੇਂ ਹੈ ਜਿਵੇਂ ਖ਼ਾਲੀ ਪਈ ਧਰਤੀ ਦੀ ਮਹੱਤਤਾ ਇਸ ਮੁੰਦਰੀ ਉੱਤੇ ਹੋਵੇ (ਵੇਖੋ ਸਹੀ ਹਦੀਸਾਂ ਦੀ ਲੜੀ, ਹਦੀਸ: 109) ਹਕੀਕਤ ਵਿਚ ਅੱਲਾਹ, ਜਿਹੜਾ ਅਰਸ਼ ਅਤੇ ਕੁਰਸੀ ਦਾ ਪੈਦਾ ਕਰਨ ਵਾਲਾ ਹੈ, ਸਭ ਤੋਂ ਵੱਡੀ ਹਸਤੀ ਹੈ। (ਸ਼ੇਖ਼ੁਲ ਇਸਲਾਮ ਇਬਨੇ ਤੈਮੀਆ ਫ਼ਰਮਾਉਂਦੇ ਹਨ ਕਿ ਇਸ ਤੋਂ ਸਿੱਧ ਹੁੰਦਾ ਹੈ ਕਿ ਕੁਰਸੀ ਦੇ ਨਾਲ ਈਮਾਨ ਲਿਆਉਣਾ ਅਤੇ ਅਰਸ਼ ਦੇ ਨਾਲ ਈਮਾਨ ਲਿਆਉਣਾ ਅਤਿ ਜ਼ਰੂਰੀ ਹੈ ਉਹਨਾਂ ਦਾ ਇਹ ਵੀ ਕਹਿਣਾ ਹੈ ਕਿ ਸਾਰੇ ਹੀ ਅਹਲੇ ਸੁੰਨਤ ਦਾ ਇਹੋ ਵਿਸ਼ਵਾਸ ਹੈ ਕਿ ਕੁਰਸੀ ਅਰਸ਼ ਦੇ ਸਾਹਮਣੇ ਹੈ ਅਤੇ ਇਹ ਪੈਰਾਂ ਦੀ ਥਾਂ ਹੈ।) (ਇਬਨੇ ਤੈਮੀਆ ਦੇ ਫ਼ਤਵੇ)

* ਹਜ਼ਰਤ ਅਬੂ-ਹੁਰੈਰਾ ਦੱਸਦੇ ਹਨ ਕਿ ਨਬੀ ਕਰੀਮ (ਸ:) ਨੇ ਮੈਨੂੰ ਰਮਜ਼ਾਨ ਦੀ ਜ਼ਕਾਅਤ (ਸਦਕਾਏ ਫ਼ਿਤਰ) ਦੀ ਰਾਖੀ ਲਈ ਨਿਯੁਕਤ ਕਰ ਦਿੱਤਾ ਤਾਂ ਮੇਰੇ ਕੋਲ ਇਕ ਵਿਅਕਤੀ ਆਇਆ ਅਤੇ ਆਉਂਦੇ ਹੀ ਅਨਾਜ ਦੀ ਮੁੱਠੀ ਭਰ ਲਈ ਤਾਂ ਮੈਨੂੰ ਉਸ ਨੂੰ ਫੜ ਲਿਆ ਅਤੇ ਕਿਹਾ ਕਿ ਮੈਂ ਤੈਨੂੰ ਅੱਲਾਹ ਦੇ ਰਸੂਲ ਦੇ ਕੋਲ ਲੈਕੇ ਜਾਵਾਂਗਾ ਮੈਂ ਤੈਨੂੰ ਛੱਡਦਾ ਨਹੀਂ ਫਿਰ ਪੂਰਾ ਕਿੱਸਾ ਬਿਆਨ ਕੀਤਾ ਤਾਂ ਉਹਨੇ ਕਿਹਾ ਕਿ (ਹੇ ਅਬੂ-ਹੁਰੈਰਾ) ਜਦੋਂ ਤੂੰ ਸੌਣ ਲਈ ਬਿਸਤਰੇ 'ਤੇ ਜਾਵੇਂ ਤਾਂ ਆਇਤਲ ਕੁਰਸੀ ਪੜ੍ਹ ਲਿਆ ਕਰੀਂ ਤਾਂ ਸਵੇਰ ਹੋਣ ਤਕ ਅੱਲਾਹ ਤਆਲਾ ਵੱਲੋਂ ਇਕ ਫ਼ਰਿਸ਼ਤਾ ਤੇਰੀ ਨਿਗਰਾਨੀ ਕਰੇਗਾ ਅਤੇ ਜਿਹੜਾ ਤੇਰੀ ਸੁਰੱਖਿਆ ਕਰੇਗਾ ਅਤੇ ਸਵੇਰੇ ਤਕ ਸ਼ੈਤਾਨ ਤੇਰੇ ਨੇੜੇ ਵੀ ਨਹੀਂ ਆਵੇਗਾ ਨਬੀ (ਸ:) ਨੇ ਫ਼ਰਮਾਇਆ, ਹੈ ਤਾਂ ਉਹ ਝੂਠਾ ਪਰ ਇਹ ਗੱਲ ਉਸ ਨੇ ਸੱਚੀ ਆਖੀ ਹੈ, ਉਹ ਸ਼ੈਤਾਨ ਸੀ। (ਸਹੀ ਬੁਖ਼ਾਰੀ, ਹਦੀਸ: 5010)

ਹੋਇਆ ਥੱਕਦਾ ਨਹੀਂ। ਉਹ ਇਕ ਮਹਾਨ ਅਤੇ ਸਰਬ-ਉੱਚ ਵਡਿਆਈ ਵਾਲੀ ਹਸਤੀ ਹੈ।

لَآ إِكْرَاهَ فِي الدِّينِ ۖ قَد تَّبَيَّنَ الرُّشْدُ مِنَ
الْغَيِّ ۚ فَمَن يَكْفُرْ بِالطَّاغُوتِ وَيُؤْمِن بِاللَّهِ
فَقَدِ اسْتَمْسَكَ بِالْعُرْوَةِ الْوُثْقَىٰ لَا انفِصَامَ
لَهَا ۗ وَاللَّهُ سَمِيعٌ عَلِيمٌ ﴿٢٥٦﴾

256. ਧਰਮ ਦੇ ਸੰਬੰਧ ਵਿਚ ਕੋਈ ਜ਼ੋਰ ਜ਼ਬਰਦਸਤੀ ਨਹੀਂ, ਕਿਉਂ ਜੋ ਹਿਦਾਇਤ (ਸੱਚਾ ਧਰਮ) ਗੁਮਰਾਹੀ (ਝੂਠੇ ਧਰਮਾਂ) ਤੋਂ ਸਪਸ਼ਟ ਹੋ ਚੁੱਕੀ ਹੈ। ਸੋ ਜਿਹੜਾ ਕੋਈ ਤਾਗ਼ੂਤ (ਅੱਲਾਹ ਤੋਂ ਛੁੱਟ ਦੂਜੇ ਇਸ਼ਟ) ਦਾ ਇਨਕਾਰ ਕਰੇ ਅਤੇ ਅੱਲਾਹ 'ਤੇ ਈਮਾਨ ਲੈ ਆਵੇ ਉਸ ਵਿਅਕਤੀ ਨੇ ਇਕ ਮਜ਼ਬੂਤ ਸਹਾਰੇ ਨੂੰ ਫੜ ਲਿਆ ਹੈ ਜਿਹੜਾ ਟੁੱਟਣ ਵਾਲਾ ਨਹੀਂ। ਅੱਲਾਹ (ਹਰ ਗੱਲ ਨੂੰ) ਭਲੀ-ਭਾਂਤ ਜਾਣਨ ਵਾਲਾ ਅਤੇ ਸੁਣਨ ਵਾਲਾ ਹੈ।

اللَّهُ وَلِيُّ الَّذِينَ آمَنُوا يُخْرِجُهُم مِّنَ الظُّلُمَاتِ
إِلَى النُّورِ ۖ وَالَّذِينَ كَفَرُوا أَوْلِيَاؤُهُمُ الطَّاغُوتُ
يُخْرِجُونَهُم مِّنَ النُّورِ إِلَى الظُّلُمَاتِ ۗ أُولَٰئِكَ
أَصْحَابُ النَّارِ ۖ هُمْ فِيهَا خَالِدُونَ ﴿٢٥٧﴾

257. ਅੱਲਾਹ ਉਹਨਾਂ ਦਾ ਹੀ ਦੋਸਤ ਹੈ ਜਿਹੜੇ ਈਮਾਨ ਲਿਆਉਣ ਵਾਲੇ ਹਨ, ਉਹ ਉਹਨਾਂ ਨੂੰ (ਕੁਫ਼ਰ ਦੇ) ਹਨੇਰਿਆਂ 'ਚੋਂ ਕੱਢ ਕੇ (ਈਮਾਨ ਦੀ) ਰੌਸ਼ਨੀ ਵਿਚ ਲਿਆਉਂਦਾ ਹੈ ਅਤੇ ਉਹ ਲੋਕ ਜਿਨ੍ਹਾਂ ਨੇ ਕੁਫ਼ਰ ਕੀਤਾ ਉਹਨਾਂ ਦਾ ਦੋਸਤ 'ਤਾਗ਼ੂਤ'[1] ਹਨ, ਉਹ ਉਹਨਾਂ ਨੂੰ ਹਿਦਾਇਤ ਦੀ ਰੌਸ਼ਨੀ 'ਚੋਂ ਕੱਢ ਕੇ (ਜਹਾਲਤ ਦੇ) ਹਨੇਰਿਆਂ ਵੱਲ ਲੈ ਜਾਂਦੇ ਹਨ (ਅਜਿਹੇ ਲੋਕ ਹੀ ਨਰਕ ਵਿਚ ਜਾਣਗੇ) ਜਿੱਥੇ ਉਹ ਸਦਾ ਲਈ ਰਹਿਣਗੇ।

---

[1] ਸ਼ਬਦ "ਤਾਗ਼ੂਤ" ਤੋਂ ਭਾਵ ਹਰ ਉਹ ਚੀਜ਼ ਹੈ ਜਿਸ ਦੀ ਪੂਜਾ ਅਸਲੀ ਇਸ਼ਟ, ਅੱਲਾਹ ਨੂੰ, ਛੱਡ ਕੇ ਕੀਤੀ ਜਾਵੇ (ਜਿਵੇਂ ਪੱਥਰ, ਰੁੱਖ, ਕਬਰ, ਜਿਉਂਦੇ ਜਾਂ ਮੁਰਦੇ ਮਨੁੱਖ, ਜਾਨਵਰ, ਮੂਰਤੀ, ਚੰਨ, ਸੂਰਜ, ਤਾਰੇ ਆਦਿ) ਇੰਜ ਹੀ ਹਜ਼ਰਤ ਈਸਾ ਅਤੇ ਉਹਨਾਂ ਦੀ ਮਾਤਾ ਮਰੀਅਮ ਅਤੇ ਦੂਜੇ ਨਬੀ ਤੇ ਰਸੂਲ ਅਤੇ ਜਿਹੜੇ ਵੀ ਅੱਲਾਹ ਨੂੰ ਛੱਡ ਕੇ ਦੂਜੇ ਸਾਰੇ ਇਸ਼ਟ ਜਿਨਾਂ ਦੀ ਵੀ ਪੂਜਾ ਕੀਤੀ ਜਾਂਦੀ ਹੈ ਉਹ ਸਾਰੇ ਤਾਗ਼ੂਤ ਅਖਵਾਉਣਗੇ। ਹਜ਼ਰਤ ਉਮਰ (ਰ:ਅ:) ਨੇ ਫ਼ਰਮਾਇਆ ਇਕ ਅਮੀਰ ਵਿਅਕਤੀ ਦੀ ਉਦਾਹਰਨ ਹੈ ਜਿਹੜਾ ਅੱਲਾਹ ਦੀ ਬੰਦਗੀ ਵਿਚ ਨੇਕ ਅਮਲ ਵੀ ਕਰਦਾ ਰਹਿੰਦਾ ਹੈ ਫਿਰ ਅੱਲਾਹ ਉਸ ਨੂੰ ਪਰਖਣ ਲਈ ਸ਼ੈਤਾਨ ਨੂੰ ਭੇਜ ਦਿੰਦਾ ਹੈ ਜਿਸ ਕਾਰਨ ਉਹ ਬੁਰੇ ਕੰਮ ਕਰਨ ਲੱਗ ਪੈਂਦਾ ਹੈ ਇੱਥੋਂ ਤਕ ਕਿ ਉਸ ਦੇ ਚੰਗੇ ਕਰਮ ਵੀ ਬਰਬਾਦ ਹੋ ਜਾਂਦੇ ਹਨ। (ਸਹੀ ਬੁਖ਼ਾਰੀ, ਹਦੀਸ: 4538)

258 ਕੀ ਤੁਸੀਂ ਉਸ ਵਿਅਕਤੀ ਨੂੰ ਵੇਖਿਆ ਹੈ ਜਿਸ ਨੇ ਇਬਰਾਹੀਮ ਨਾਲ ਕੇਵਲ ਇਸ ਲਈ ਝਗੜਾ ਕੀਤਾ ਸੀ ਕਿ ਅੱਲਾਹ ਨੇ ਉਸ (ਨਮਰੂਦ) ਨੂੰ ਬਾਦਸ਼ਾਹਤ ਦੇ ਛੱਡੀ ਸੀ? ਜਦ ਇਬਰਾਹੀਮ ਨੇ ਕਿਹਾ ਕਿ ਮੇਰਾ ਰੱਬ ਤਾਂ ਉਹ ਹੈ ਜਿਹੜਾ ਜੀਵਨ ਵੀ ਦਿੰਦਾ ਹੈ ਅਤੇ ਮੌਤ ਵੀ ਦਿੰਦਾ ਹੈ ਤਾਂ ਉਸ (ਨਮਰੂਦ ਬਾਦਸ਼ਾਹ) ਨੇ ਕਿਹਾ ਕਿ ਮੈਂ ਵੀ ਜੀਵਨ ਅਤੇ ਮੌਤ ਦਿੰਦਾ ਹਾਂ। ਇਬਰਾਹੀਮ ਨੇ ਕਿਹਾ ਕਿ ਅੱਲਾਹ ਤਾਂ ਸੂਰਜ ਨੂੰ ਪੂਰਬ 'ਚੋਂ ਕੱਢਦਾ ਹੈ ਤੂੰ ਇਸ ਨੂੰ ਪੱਛਮ 'ਚੋਂ ਕੱਢ ਕੇ ਵਿਖਾ। ਇਹ ਸੁਣ ਕੇ ਉਹ ਹੱਕਾ ਬੱਕਾ (ਲਾ ਜਵਾਬ) ਹੋ ਕੇ ਰਹਿ ਗਿਆ। ਉਹ (ਅੱਲਾਹ ਦੀਆਂ ਸ਼ਕਤੀਆਂ ਦਾ) ਇਨਕਾਰੀ ਸੀ। ਅੱਲਾਹ ਉਹਨਾਂ ਲੋਕਾਂ ਨੂੰ ਹਿਦਾਇਤ ਨਹੀਂ ਦਿੰਦਾ ਜਿਹੜੇ ਜ਼ੁਲਮ ਕਰਦੇ ਹਨ।

أَلَمْ تَرَ إِلَى الَّذِي حَاجَّ إِبْرٰهِمَ فِي رَبِّهِ أَنْ
آتٰهُ اللَّهُ الْمُلْكَ إِذْ قَالَ إِبْرٰهِمُ رَبِّيَ الَّذِي
يُحْيِي وَيُمِيتُ قَالَ أَنَا أُحْيِي وَأُمِيتُ قَالَ
إِبْرٰهِمُ فَإِنَّ اللَّهَ يَأْتِي بِالشَّمْسِ مِنَ الْمَشْرِقِ
فَأْتِ بِهَا مِنَ الْمَغْرِبِ فَبُهِتَ الَّذِي كَفَرَ
وَاللَّهُ لَا يَهْدِي الْقَوْمَ الظّٰلِمِينَ ﴿٢٥٨﴾

259. ਜਾਂ ਇਸੇ ਤਰ੍ਹਾਂ ਤੁਸੀਂ ਉਸ ਨੂੰ ਵੀ ਨਹੀਂ ਵੇਖਿਆ ਜਿਹੜਾ ਇਕ ਬਸਤੀ ਕੋਲ ਦੀ ਲੰਘਇਆ ਜਿਸ ਦੀਆਂ ਛੱਤਾਂ ਡਿੱਗੀਆਂ ਹੋਈਆਂ ਸਨ? ਉਸ ਨੇ ਆਖਿਆ ਕਿ ਇਸ ਬਸਤੀ (ਦੇ ਵਾਸੀਆਂ) ਦੀ ਮੌਤ ਤੋਂ ਬਾਅਦ ਅੱਲਾਹ ਕਿਵੇਂ ਇਸ ਨੂੰ ਮੁੜ ਜੀਵਤ ਕਰੇਗਾ? ਤਾਂ ਅੱਲਾਹ ਨੇ ਉਸ (ਪੁੱਛਣ ਵਾਲੇ) ਵਿਅਕਤੀ ਨੂੰ ਸੌ ਸਾਲ ਲਈ ਮੌਤ ਦੇ ਦਿੱਤੀ ਫਿਰ ਉਸ ਨੂੰ ਜਿਊਂਦਾ ਕੀਤਾ। ਅੱਲਾਹ ਨੇ (ਉਸ ਤੋਂ) ਪੁੱਛਿਆ ਕਿ ਤੂੰ ਕਿੰਨੀ ਦੇਰ ਇੰਜ (ਮੁਰਦਾ) ਰਿਹਾ? ਉਸ ਨੇ ਕਿਹਾ ਕਿ ਇਕ ਦਿਨ ਲਈ ਜਾਂ ਦਿਨ ਦਾ ਵੀ ਇਕ ਭਾਗ। ਅੱਲਾਹ ਨੇ ਫ਼ਰਮਾਇਆ, ਨਹੀਂ ਤੂੰ ਤਾਂ ਮੌਤ ਦੀ ਹਾਲਤ ਵਿਚ ਸੌ ਸਾਲ ਰਿਹਾ ਹੈਂ, ਤੂੰ ਆਪਣੇ ਖਾਣ ਪੀਣ (ਦੇ ਸਾਮਾਨ) ਵੱਲ ਵੇਖ ਉਹ ਵੀ ਸੜ੍ਹਿਆ

أَوْ كَالَّذِي مَرَّ عَلَى قَرْيَةٍ وَهِيَ خَاوِيَةٌ عَلَى
عُرُوشِهَا قَالَ أَنَّى يُحْيِي هٰذِهِ اللَّهُ بَعْدَ
مَوْتِهَا فَأَمَاتَهُ اللَّهُ مِائَةَ عَامٍ ثُمَّ بَعَثَهُ
قَالَ كَمْ لَبِثْتَ قَالَ لَبِثْتُ يَوْمًا أَوْ بَعْضَ
يَوْمٍ قَالَ بَلْ لَبِثْتَ مِائَةَ عَامٍ فَانْظُرْ إِلَى
طَعَامِكَ وَشَرَابِكَ لَمْ يَتَسَنَّهْ وَانْظُرْ إِلَى
حِمَارِكَ وَلِنَجْعَلَكَ آيَةً لِلنَّاسِ وَانْظُرْ إِلَى
الْعِظَامِ كَيْفَ نُنْشِزُهَا ثُمَّ نَكْسُوهَا لَحْمًا
فَلَمَّا تَبَيَّنَ لَهُ قَالَ أَعْلَمُ أَنَّ اللَّهَ عَلَى
كُلِّ شَيْءٍ قَدِيرٌ ﴿٢٥٩﴾

ਨਹੀਂ ਔਰ ਆਪਣੇ (ਮਰੇ ਹੋਏ) ਖੋਤੇ ਵੱਲ ਵੇਖ। ਅਸੀਂ ਲੋਕਾਂ ਲਈ ਤੈਨੂੰ (ਇਕ ਨਿਸ਼ਾਨੀ ਬਣਾ ਦੇਣਾ) ਚਾਹੁੰਦੇ ਹਾਂ, ਸੋ ਤੂੰ ਖੋਤੇ ਦੀਆਂ ਹੱਡੀਆਂ ਵੱਲ ਵੇਖ ਕਿ ਅਸੀਂ ਇਹਨਾਂ ਨੂੰ ਕਿੱਦਾਂ ਜੋੜਦੇ ਹਾਂ ਫਿਰ ਇਹਨਾਂ 'ਤੇ ਮਾਸ ਬੋਟੀ ਚੜ੍ਹਾਉਂਦੇ ਹਾਂ। ਜਦੋਂ ਉਸ ਨੇ ਇਹ ਸਭ ਵੇਖ ਲਿਆ ਤਾਂ ਉਸ ਨੇ ਕਿਹਾ ਕਿ ਮੈਂ ਜਾਣਦਾ ਹਾਂ ਕਿ ਬੇਸ਼ੱਕ ਅੱਲਾਹ ਹਰ ਕੰਮ ਕਰਨ ਦੀ ਕੁਦਰਤ ਰਖਦਾ ਹੈ।

260. ਜਦੋਂ ਇਬਰਾਹੀਮ ਨੇ ਕਿਹਾ ਕਿ ਹੇ ਮੇਰੇ ਰੱਬਾ। ਮੈਨੂੰ ਵਿਖਾ ਕਿ ਤੂੰ ਮੁਰਦਿਆਂ ਨੂੰ ਕਿਵੇਂ ਜਿਊਂਦਾ ਕਰੇਂਗਾ? ਅੱਲਾਹ ਨੇ ਪੁੱਛਿਆ ਕੀ ਤੈਨੂੰ ਇਸ (ਮੇਰੀ ਸ਼ਕਤੀ) 'ਤੇ ਵਿਸ਼ਵਾਸ ਨਹੀਂ? ਇਬਰਾਹੀਮ ਨੇ ਆਖਿਆ, ਕਿਉਂ ਨਹੀਂ। ਮੈਂ ਤਾਂ ਕੇਵਲ ਮਨ ਦੀ ਤਸੱਲੀ ਚਾਹੁੰਦਾ ਹਾਂ? ਅੱਲਾਹ ਨੇ ਕਿਹਾ ਕਿ ਤੂੰ ਚਾਰ ਪੰਛੀਆਂ ਨੂੰ ਲੈ ਅਤੇ ਉਹਨਾਂ ਨਾਲ ਸਨੇਹ ਪੈਦਾ ਕਰ ਲੈ, ਫਿਰ ਉਹਨਾਂ ਨੂੰ ਮਾਰ ਕੇ ਉਹਨਾਂ ਦਾ ਇਕ-ਇਕ ਟੋਟਾ ਵੱਖ-ਵੱਖ ਪਹਾੜਾਂ ਉੱਤੇ ਜਾ ਧਰ ਫਿਰ ਉਹਨਾਂ ਨੂੰ ਬੁਲਾਈਂ, ਉਹ (ਪੰਛੀ) ਤੇਰੇ ਕੋਲ ਨੱਸੇ ਆਉਣਗੇ ਅਤੇ ਯਾਦ ਰੱਖ ਕਿ ਅੱਲਾਹ ਜ਼ੋਰਾਵਰ ਅਤੇ ਦਾਨਾਈ ਵਾਲਾ ਹੈ।

وَإِذْ قَالَ إِبْرَٰهِـۧمُ رَبِّ أَرِنِى كَيْفَ تُحْىِ ٱلْمَوْتَىٰ ۖ
قَالَ أَوَلَمْ تُؤْمِن ۖ قَالَ بَلَىٰ وَلَـٰكِن لِّيَطْمَئِنَّ
قَلْبِى ۖ قَالَ فَخُذْ أَرْبَعَةً مِّنَ ٱلطَّيْرِ فَصُرْهُنَّ
إِلَيْكَ ثُمَّ ٱجْعَلْ عَلَىٰ كُلِّ جَبَلٍ مِّنْهُنَّ جُزْءًا
ثُمَّ ٱدْعُهُنَّ يَأْتِينَكَ سَعْيًا ۚ وَٱعْلَمْ أَنَّ ٱللَّهَ
عَزِيزٌ حَكِيمٌ ﴿٢٦٠﴾

261. ਉਹਨਾਂ ਲੋਕਾਂ ਦੀ ਮਿਸਾਲ ਜਿਹੜੇ ਅੱਲਾਹ ਦੀ ਰਾਹ ਵਿਚ ਖ਼ਰਚ ਕਰਦੇ ਹਨ ਉਸ ਦਾਣੇ ਵਾਂਗ ਹੈ ਜਿਸ (ਦਾਣੇ ਦੇ ਬੀਜਣ 'ਤੇ) ਸੱਤ ਬੱਲੀਆਂ ਨਿਕਲਣ ਅਤੇ ਹਰ ਬੱਲੀ ਵਿੱਚੋਂ ਸੌ ਦਾਣੇ ਹੋਣ (ਇਸੇ ਤਰ੍ਹਾਂ) ਅੱਲਾਹ ਜਿਸ ਨੂੰ ਚਾਹੁੰਦਾ ਹੈ ਵਧਾ ਕੇ ਦਿੰਦਾ ਹੈ ਉਹ ਵੱਡੀ ਗੁੰਜਾਇਸ਼ ਵਾਲਾ ਹੈ (ਕੌਣ ਖ਼ਰਚ ਸਕਦਾ ਹੈ) ਉਹ ਚੰਗੀ ਤਰ੍ਹਾਂ ਜਾਣਦਾ ਹੈ।

مَّثَلُ ٱلَّذِينَ يُنفِقُونَ أَمْوَٰلَهُمْ فِى سَبِيلِ
ٱللَّهِ كَمَثَلِ حَبَّةٍ أَنۢبَتَتْ سَبْعَ سَنَابِلَ فِى
كُلِّ سُنۢبُلَةٍ مِّا۟ئَةُ حَبَّةٍ ۗ وَٱللَّهُ يُضَـٰعِفُ
لِمَن يَشَآءُ ۗ وَٱللَّهُ وَٰسِعٌ عَلِيمٌ ﴿٢٦١﴾

262. ਜਿਹੜੇ ਲੋਕ ਆਪਣਾ ਮਾਲ ਅੱਲਾਹ ਦੀ ਰਾਹ ਵਿਚ ਖ਼ਰਚ ਕਰਦੇ ਹਨ ਅਤੇ ਖ਼ਰਚ ਕਰਕੇ ਕੋਈ ਅਹਿਸਾਨ ਦਾ ਪ੍ਰਗਟਾਵਾ ਵੀ ਨਹੀਂ ਕਰਦੇ ਅਤੇ ਨਾ ਹੀ ਦੁੱਖ ਦਿੰਦੇ ਹਨ, ਉਹਨਾਂ ਦਾ ਬਦਲਾ ਉਹਨਾਂ ਦੇ ਰੱਬ ਕੋਲ ਹੈ, (ਕਿਆਮਤ ਦਿਹਾੜੇ) ਨਾ ਤਾਂ ਉਹਨਾਂ ਨੂੰ ਕੋਈ (ਨਰਕ ਦਾ) ਡਰ ਹੋਵੇਗਾ ਅਤੇ ਨਾ ਹੀ ਉਹ ਉਦਾਸ ਹੋਣਗੇ।

الَّذِينَ يُنفِقُونَ أَمْوَالَهُمْ فِي سَبِيلِ اللَّهِ ثُمَّ
لَا يُتْبِعُونَ مَا أَنفَقُوا مَنًّا وَلَا أَذًى ۙ لَّهُمْ
أَجْرُهُمْ عِندَ رَبِّهِمْ وَلَا خَوْفٌ عَلَيْهِمْ وَلَا
هُمْ يَحْزَنُونَ ٢٦٢

263 ਭਲੀ ਗੱਲ ਕਰਨਾ ਅਤੇ ਮੁਆਫ਼ ਕਰ ਦੇਣਾ ਉਸ (ਪੁੰਨ-ਦਾਨ) ਤੋਂ ਵਧੀਆ ਹੈ ਜਿਸ ਦੇ ਪਿੱਛੋਂ (ਅਹਿਸਾਨ ਜਤਾ ਕੇ, ਦੁਖ ਦਿੱਤਾ ਜਾਵੇ, ਜਦ ਕਿ ਅੱਲਾਹ (ਇਹਨਾਂ ਗੱਲਾਂ ਦੀ) ਪਰਵਾਹ ਨਹੀਂ ਕਰਦਾ ਅਤੇ (ਨਾ ਸ਼ੁਕਰਿਆਂ ਨੂੰ) ਬਰਦਾਸ਼ਤ ਕਰਨ ਵਾਲਾ ਹੈ।

قَوْلٌ مَّعْرُوفٌ وَمَغْفِرَةٌ خَيْرٌ مِّن صَدَقَةٍ
يَتْبَعُهَا أَذًى ۗ وَاللَّهُ غَنِيٌّ حَلِيمٌ ٢٦٣

264 ਹੇ ਈਮਾਨ ਲਿਆਉਣ ਵਾਲਿਓ! ਆਪਣੀ ਖ਼ੈਰਾਤ ਨੂੰ ਅਹਿਸਾਨ ਜਤਾ ਕੇ ਅਤੇ ਦੁੱਖ ਦੇ ਕੇ ਉਸ ਵਿਅਕਤੀ ਵਾਂਗ ਬਰਬਾਦ ਨਾ ਕਰੋ ਜਿਹੜਾ ਆਪਣਾ ਮਾਲ ਵਿਖਾਵੇ ਲਈ ਖ਼ਰਚ ਕਰਦਾ ਹੈ। ਉਹ ਨਾ ਤਾਂ ਅੱਲਾਹ 'ਤੇ ਅਤੇ ਨਾ ਹੀ ਕਿਆਮਤ ਵਾਲੇ ਦਿਨ 'ਤੇ ਈਮਾਨ ਰੱਖਦਾ ਹੈ ਉਸ ਦੀ ਉਦਾਹਰਨ ਉਸ ਚਿਕਨੇ ਪੱਥਰ ਵਾਂਗ ਹੈ ਜਿਸ ਉੱਤੇ ਮਿੱਟੀ ਪਈ ਹੋਵੇ ਫਿਰ ਉਸ ਉੱਤੇ ਜ਼ੋਰ ਦਾ ਮੀਂਹ ਪੈ ਜਾਵੇ (ਤਾਂ ਸਾਰੀ ਮਿੱਟੀ ਰੁੜ੍ਹ ਜਾਵੇਗੀ) ਅਤੇ ਸਾਫ਼ ਪੱਥਰ ਰਹਿ ਜਾਵੇ। ਉਹ ਲੋਕ ਜੋ ਵਿਖਾਵੇ ਲਈ ਨੇਕੀ ਕਰਦੇ ਹਨ ਉਹਨਾਂ ਦੇ ਹੱਥ ਕੁੱਝ ਵੀ ਨਹੀਂ ਆਉਂਦਾ। ਅੱਲਾਹ ਕਾਫ਼ਿਰਾਂ ਦੀ ਅਗਵਾਈ ਨਹੀਂ ਕਰਦਾ।

يَا أَيُّهَا الَّذِينَ آمَنُوا لَا تُبْطِلُوا صَدَقَاتِكُم
بِالْمَنِّ وَالْأَذَىٰ كَالَّذِي يُنفِقُ مَالَهُ رِئَاءَ
النَّاسِ وَلَا يُؤْمِنُ بِاللَّهِ وَالْيَوْمِ الْآخِرِ ۖ فَمَثَلُهُ كَمَثَلِ
صَفْوَانٍ عَلَيْهِ تُرَابٌ فَأَصَابَهُ وَابِلٌ فَتَرَكَهُ
صَلْدًا ۖ لَّا يَقْدِرُونَ عَلَىٰ شَيْءٍ مِّمَّا كَسَبُوا ۗ
وَاللَّهُ لَا يَهْدِي الْقَوْمَ الْكَافِرِينَ ٢٦٤

7

265. ਉਹਨਾਂ ਲੋਕਾਂ ਦੀ ਉਦਾਹਰਨ ਜਿਹੜੇ ਅੱਲਾਹ ਨੂੰ ਰਾਜ਼ੀ ਕਰਨ ਲਈ ਅਤੇ ਖ਼ੁਸ਼ਦਿਲੀ ਨਾਲ ਆਪਣਾ ਮਾਲ ਖ਼ਰਚ ਕਰਦੇ ਹਨ, ਉਸ ਬਾਗ਼ ਵਾਂਗ ਹੈ ਜਿਹੜਾ ਕਿਸੇ ਉੱਚੀ ਥਾਂ ਹੋਵੇ ਉਸ 'ਤੇ ਜ਼ੋਰਾਂ ਦਾ ਮੀਂਹ ਪੈ ਜਾਵੇ ਤਾਂ ਉਸ ਵਿਚ ਦੁਗਣਾ ਫਲ ਹੋਵੇਗਾ ਜੇ ਮੀਂਹ ਜ਼ੋਰਦਾਰ ਨਾ ਵੀ ਹੋਵੇ ਤਾਂ ਇਕ ਫ਼ੁਆਰ (ਮੀਂਹ ਦਾ ਛਿੱਟਾ) ਹੀ ਬਥੇਰਾ ਹੈ। ਤੁਸੀਂ ਜੋ ਵੀ (ਖ਼ਰਚ) ਕਰਦੇ ਹੋ ਅੱਲਾਹ ਉਸ ਨੂੰ ਭਲੀ ਭਾਂਤ ਵੇਖਦਾ ਹੈ।

وَمَثَلُ الَّذِيْنَ يُنْفِقُوْنَ اَمْوَالَهُمُ ابْتِغَآءَ
مَرْضَاتِ اللّٰهِ وَتَثْبِيْتًا مِّنْ اَنْفُسِهِمْ كَمَثَلِ
جَنَّةٍۢ بِرَبْوَةٍ اَصَابَهَا وَابِلٌ فَاٰتَتْ اُكُلَهَا
ضِعْفَيْنِ ۚ فَاِنْ لَّمْ يُصِبْهَا وَابِلٌ فَطَلٌّ ۗ
وَاللّٰهُ بِمَا تَعْمَلُوْنَ بَصِيْرٌ 265

266. ਕੀ ਤੁਹਾਡੇ ਵਿੱਚੋਂ ਕੋਈ ਇਹ ਗੱਲ ਪਸੰਦ ਕਰਦਾ ਹੈ ਕਿ ਉਸ ਦਾ ਆਪਣਾ ਇਕ ਖਜੂਰਾਂ ਅਤੇ ਅੰਗੂਰਾਂ ਦਾ ਬਾਗ਼ ਹੋਵੇ ਉਸ ਦੇ ਥੱਲੇ ਨਹਿਰਾਂ ਵਗਦੀਆਂ ਹੋਣ, ਉਸ ਬਾਗ਼ ਵਿਚ ਉਸ ਲਈ ਹਰ ਤਰ੍ਹਾਂ ਦੇ ਫਲ ਹੋਣ ਉਹ ਵਿਅਕਤੀ ਆਪ ਤਾਂ ਬੁੱਢਾ ਹੋ ਜਾਵੇ ਜਦ ਕਿ ਉਸ ਦੀ ਸੰਤਾਨ ਅਜਿਹੇ ਕਮਜ਼ੋਰ (ਛੋਟੀ) ਹੋਵੇ ਅਤੇ ਅਚਾਨਕ ਹੀ ਉਸ ਬਾਗ਼ 'ਤੇ ਇਕ ਵਾਅ-ਵਰੋਲਾ ਆ ਜਾਵੇ ਜਿਸ ਵਿਚ ਅੱਗ ਹੋਵੇ ਅਤੇ ਉਹ ਇਸ (ਬਾਗ਼) ਨੂੰ ਸਾੜ ਕੇ ਰੱਖ ਦੇਵੇ। ਇੰਜ ਤਰ੍ਹਾਂ ਅੱਲਾਹ ਤੁਹਾਡੇ (ਸਮਝਾਉਣ) ਲਈ ਆਇਤਾਂ ਖੋਲ ਖੋਲ ਕੇ ਬਿਆਨ ਕਰਦਾ ਹੈ ਤਾਂ ਜੋ ਤੁਸੀਂ ਸੋਚ ਵਿਚਾਰ ਕਰ ਸਕੋ।

اَيَوَدُّ اَحَدُكُمْ اَنْ تَكُوْنَ لَهٗ جَنَّةٌ مِّنْ نَّخِيْلٍ
وَّاَعْنَابٍ تَجْرِيْ مِنْ تَحْتِهَا الْاَنْهٰرُ ۙ لَهٗ
فِيْهَا مِنْ كُلِّ الثَّمَرٰتِ ۙ وَاَصَابَهُ الْكِبَرُ
وَلَهٗ ذُرِّيَّةٌ ضُعَفَآءُ ۖۚ فَاَصَابَهَآ اِعْصَارٌ
فِيْهِ نَارٌ فَاحْتَرَقَتْ ۗ كَذٰلِكَ يُبَيِّنُ اللّٰهُ
لَكُمُ الْاٰيٰتِ لَعَلَّكُمْ تَتَفَكَّرُوْنَ 266

267. ਹੇ ਈਮਾਨ ਵਾਲਿਓ! ਤੁਸੀਂ ਆਪਣੀ ਪਾਕ ਕਮਾਈ ਵਿੱਚੋਂ ਹੀ (ਅੱਲਾਹ ਦੀ ਰਾਹ ਵਿਚ) ਖ਼ਰਚ ਕਰੋ ਅਤੇ ਉਸ ਵਿੱਚੋਂ ਵੀ ਜੋ ਅਸੀਂ ਤੁਹਾਡੇ ਲਈ ਧਰਤੀ 'ਚੋਂ ਕੱਢਿਆ ਹੈ। ਅੱਲਾਹ ਦੀ ਰਾਹ ਵਿਚ ਮਾੜੀਆਂ ਤੇ ਬੇਕਾਰ ਚੀਜ਼ਾਂ ਨੂੰ ਖ਼ਰਚ ਕਰਨ ਦਾ ਜਤਨ ਨਾ ਕਰੋ, ਜਦ ਕਿ ਤੁਸੀਂ ਆਪ ਉਸ ਚੀਜ਼ ਨੂੰ ਲੈਣਾ ਪਸੰਦ ਨਹੀਂ ਕਰਦੇ ਛੁੱਟ ਉਸ ਤੋਂ ਕਿ ਤੁਸੀਂ

يٰۤاَيُّهَا الَّذِيْنَ اٰمَنُوْۤا اَنْفِقُوْا مِنْ طَيِّبٰتِ مَا
كَسَبْتُمْ وَمِمَّاۤ اَخْرَجْنَا لَكُمْ مِّنَ الْاَرْضِ ۗ وَلَا
تَيَمَّمُوا الْخَبِيْثَ مِنْهُ تُنْفِقُوْنَ وَلَسْتُمْ بِاٰخِذِيْهِ
اِلَّاۤ اَنْ تُغْمِضُوْا فِيْهِ ؕ وَاعْلَمُوْۤا اَنَّ اللّٰهَ غَنِيٌّ
حَمِيْدٌ 267

ਇਸ ਸੰਬੰਧ ਵਿਚ ਅਣਦੇਖੀ ਕਰ ਜਾਓ। ਯਾਦ ਰੱਖੋ ਕਿ ਅੱਲਾਹ (ਹਰ ਚੀਜ਼ ਤੋਂ) ਬੇ ਪਰਵਾਹ ਹੈ ਅਤੇ ਸ਼ਲਾਘਾਯੋਗ ਹੈ।

268. ਸ਼ੈਤਾਨ ਤੁਹਾਨੂੰ ਤੰਗਦਸਤੀ (ਗ਼ਰੀਬੀ) ਤੋਂ ਡਰਾਉਂਦਾ ਹੈ ਅਤੇ ਬੇ ਹਯਾਈ (ਅਸ਼ਲੀਲਤਾ) ਦਾ ਹੁਕਮ ਦਿੰਦਾ ਹੈ ਜਦ ਕਿ ਅੱਲਾਹ ਤੁਹਾਡੇ ਨਾਲ ਆਪਣੀ ਬਖ਼ਸ਼ਿਸ਼ ਅਤੇ ਮਿਹਰਾਂ ਦਾ ਵਾਅਦਾ ਕਰਦਾ ਹੈ। ਅੱਲਾਹ ਫ਼ਰਾਖ਼ੀ ਵਾਲਾ (ਭਾਵ ਖੁੱਲ੍ਹਾ ਡੁੱਲ੍ਹਾ ਦੇਣ ਵਾਲਾ) ਅਤੇ ਚੰਗੀ ਤਰ੍ਹਾਂ ਜਾਣਨ ਵਾਲਾ ਹੈ।

الشَّيْطَانُ يَعِدُكُمُ الْفَقْرَ وَيَأْمُرُكُم بِالْفَحْشَاءِ ۖ وَاللَّهُ يَعِدُكُم مَّغْفِرَةً مِّنْهُ وَفَضْلًا ۗ وَاللَّهُ وَاسِعٌ عَلِيمٌ ﴿٢٦٨﴾

269. ਅੱਲਾਹ ਜਿਸ ਨੂੰ ਚਾਹੁੰਦਾ ਹੈ ਹਿਕਮਤਾਂ (ਦਾਨਾਈ) ਨਾਲ ਨਿਵਾਜ਼ਦਾ ਹੈ ਅਤੇ ਜਿਸ ਵਿਅਕਤੀ ਨੂੰ ਸਿਆਣਪ (ਦਾਨਾਈ) ਮਿਲ ਗਈ ਉਸ ਨੂੰ ਸਾਰੀਆਂ ਹੀ ਭਲਾਈਆਂ ਮਿਲ ਗਈਆਂ (ਇਹਨਾਂ ਗੱਲਾਂ ਤੋਂ) ਸਿੱਖਿਆ ਤਾਂ ਸੂਝਵਾਨ ਹੀ ਪ੍ਰਾਪਤ ਕਰਦੇ ਹਨ।

يُؤْتِي الْحِكْمَةَ مَن يَشَاءُ ۚ وَمَن يُؤْتَ الْحِكْمَةَ فَقَدْ أُوتِيَ خَيْرًا كَثِيرًا ۗ وَمَا يَذَّكَّرُ إِلَّا أُولُو الْأَلْبَابِ ﴿٢٦٩﴾

270. ਤੁਸੀਂ ਕੁੱਝ ਵੀ ਖ਼ਰਚ ਕਰੋ ਜਾਂ ਕੋਈ ਵੀ ਸੁੱਖ ਸੁੱਖੋ ਅੱਲਾਹ ਉਹਨਾਂ ਸਭ ਨੂੰ ਜਾਣਦਾ ਹੈ ਅਤੇ ਜ਼ਾਲਮਾਂ ਦਾ ਕੋਈ ਵੀ ਮਦਦਗਾਰ ਨਹੀਂ ਹੁੰਦਾ।

وَمَا أَنفَقْتُم مِّن نَّفَقَةٍ أَوْ نَذَرْتُم مِّن نَّذْرٍ فَإِنَّ اللَّهَ يَعْلَمُهُ ۗ وَمَا لِلظَّالِمِينَ مِنْ أَنصَارٍ ﴿٢٧٠﴾

271. ਜੇ ਤੁਸੀਂ ਵਿਖਾ ਕੇ ਖ਼ੈਰਾਤ ਦੇਵੋ ਤਾਂ ਵੀ ਠੀਕ ਹੈ ਪਰ ਜੇ ਤੁਸੀਂ ਫ਼ਕੀਰਾਂ ਨੂੰ ਗੁਪਤ ਦਾਨ ਦੇਵੋ ਤਾਂ ਇਹ ਤੁਹਾਡੇ ਲਈ ਵਧੇਰੇ ਚੰਗਾ ਹੈ। ਉਹ (ਅੱਲਾਹ) ਤੁਹਾਡੇ ਗੁਨਾਹਾਂ ਨੂੰ (ਪੁੰਨ ਦਾਨ ਰਾਹੀਂ) ਦੂਰ ਕਰ ਦੇਵੇਗਾ। ਤੁਸੀਂ ਜੋ ਵੀ ਕੰਮ ਕਰਦੇ ਹੋ ਅੱਲਾਹ ਉਸ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

إِن تُبْدُوا الصَّدَقَاتِ فَنِعِمَّا هِيَ ۖ وَإِن تُخْفُوهَا وَتُؤْتُوهَا الْفُقَرَاءَ فَهُوَ خَيْرٌ لَّكُمْ ۚ وَيُكَفِّرُ عَنكُم مِّن سَيِّئَاتِكُمْ ۗ وَاللَّهُ بِمَا تَعْمَلُونَ خَبِيرٌ ﴿٢٧١﴾

---

1 "ਹਿਕਮਤ" ਦਾ ਅਰਥ ਦਾਨਾਈ ਹੈ। ਪਰ ਇਸ ਥਾਂ ਇਸ ਸ਼ਬਦ ਤੋਂ ਭਾਵ ਕੁਰਆਨ ਦੇ ਗਿਆਨ ਜਾਂ ਹਦੀਸ ਹੈ, ਜਿਸ ਨੂੰ ਕੁਰਆਨ ਤੇ ਹਦੀਸ ਦਾ ਗਿਆਨ ਹੋ ਜਾਂਦਾ ਹੈ ਫਿਰ ਉਸ ਨੂੰ ਅਮਲ ਕਰਨਾ ਵੀ ਆਸਾਨ ਹੋ ਜਾਂਦਾ ਹੈ।

272 (ਹੇ ਨਬੀ!) ਲੋਕਾਂ ਨੂੰ ਹਿਦਾਇਤ ਦੇਣਾ ਤੁਹਾਡੇ ਜ਼ਿੰਮੇ ਨਹੀਂ ਅੱਲਾਹ ਜਿਸ ਨੂੰ ਚਾਹੁੰਦਾ ਹੈ ਹਿਦਾਇਤ ਬਖ਼ਸ਼ ਦਿੰਦਾ ਹੈ। ਤੁਸੀਂ ਆਪਣੇ ਮਾਲ 'ਚੋਂ ਜੋ ਵੀ ਖ਼ਰਚ ਕਰਦੇ ਹੋ ਉਹ ਤੁਹਾਡੇ ਆਪਣੇ ਲਾਭ ਲਈ ਹੈ ਅਤੇ ਤੁਸੀਂ ਜੋ ਵੀ ਖ਼ਰਚ ਕਰਦੇ ਹੋ ਅੱਲਾਹ ਨੂੰ ਰਾਜ਼ੀ ਕਰਨ ਲਈ ਹੀ ਖ਼ਰਚ ਕਰਦੇ ਹੋ ਅਤੇ ਤੁਸੀਂ ਜੋ ਵੀ ਖ਼ਰਚ ਕਰੋਗੇ ਤੁਹਾਨੂੰ ਉਸ ਦਾ ਪੂਰਾ ਪੂਰਾ ਬਦਲਾ ਮਿਲੇਗਾ ਤੁਹਾਡੇ 'ਤੇ ਜ਼ੁਲਮ ਨਹੀਂ ਕੀਤਾ ਜਾਵੇਗਾ।

لَيْسَ عَلَيْكَ هُدٰىهُمْ وَلٰكِنَّ اللّٰهَ يَهْدِيْ مَنْ
يَّشَآءُ ؕ وَمَا تُنْفِقُوْا مِنْ خَيْرٍ فَلِاَنْفُسِكُمْ ؕ
وَمَا تُنْفِقُوْنَ اِلَّا ابْتِغَآءَ وَجْهِ اللّٰهِ ؕ وَمَا تُنْفِقُوْا
مِنْ خَيْرٍ يُّوَفَّ اِلَيْكُمْ وَاَنْتُمْ لَا تُظْلَمُوْنَ ٢٧٢

273 (ਖ਼ੈਰਾਤ ਤਾਂ) ਉਹਨਾਂ ਲੋੜਵੰਦਾਂ ਲਈ ਹੈ ਜਿਹੜੇ ਅੱਲਾਹ ਦੇ ਕੰਮਾਂ ਵਿਚ ਇਸ ਰੁਝੇ ਰਹਿੰਦੇ ਹਨ ਕਿ (ਆਪਣੀ ਰੋਜ਼ੀ ਕਮਾਉਣ ਲਈ) ਧਰਤੀ 'ਤੇ ਭੱਜ ਨੱਠ ਨਹੀਂ ਕਰ ਸਕਦੇ। ਅਣਜਾਣ ਲੋਕ ਉਹਨਾਂ ਦਾ ਆਤਮ ਸਨਮਾਨ ਵੇਖ ਕੇ ਉਹਨਾਂ ਨੂੰ ਖ਼ੁਸ਼ਹਾਲ ਸਮਝਦੇ ਹਨ। ਤੁਸੀਂ ਉਹਨਾਂ ਨੂੰ ਉਹਨਾਂ ਦੇ ਚਿਹਰਿਆਂ ਤੋਂ ਪਛਾਣ ਸਕਦੇ ਹੋ ਉਹ ਲੋਕਾਂ ਦੇ ਪਿੱਛੇ ਪੈ ਕੇ ਸਵਾਲ ਨਹੀਂ ਕਰਦੇ।[1] ਤੁਸੀਂ ਆਪਣੇ ਮਾਲ ਵਿੱਚੋਂ ਜੋ ਵੀ ਖ਼ਰਚ ਕਰਦੇ ਹੋ ਅੱਲਾਹ ਉਸ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

لِلْفُقَرَآءِ الَّذِيْنَ اُحْصِرُوْا فِيْ سَبِيْلِ اللّٰهِ
لَا يَسْتَطِيْعُوْنَ ضَرْبًا فِي الْاَرْضِ ؗ يَحْسَبُهُمُ
الْجَاهِلُ اَغْنِيَآءَ مِنَ التَّعَفُّفِ ۚ تَعْرِفُهُمْ
بِسِيْمٰهُمْ ۚ لَا يَسْـَٔلُوْنَ النَّاسَ اِلْحَافًا ؕ وَمَا
تُنْفِقُوْا مِنْ خَيْرٍ فَاِنَّ اللّٰهَ بِهٖ عَلِيْمٌ ٢٧٣

274 ਜਿਹੜੇ ਲੋਕ ਆਪਣੇ ਮਾਲ ਨੂੰ ਰਾਤ ਦਿਨ ਗੁਪਤ ਤੇ ਖੁੱਲ੍ਹੇ ਆਮ ਖ਼ਰਚ ਕਰਦੇ ਹਨ ਉਹਨਾਂ ਦਾ ਬਦਲਾ ਉਹਨਾਂ ਦੇ ਰੱਬ ਕੋਲ ਹੈ ਨਾਂ ਤਾਂ (ਕਿਆਮਤ ਵਾਲੇ ਦਿਨ) ਉਹਨਾਂ ਨੂੰ ਕੋਈ ਚਿੰਤਾ ਹੋਵੇਗੀ ਅਤੇ ਨਾ ਹੀ ਉਦਾਸ ਹੋਣਗੇ।[2]

اَلَّذِيْنَ يُنْفِقُوْنَ اَمْوَالَهُمْ بِالَّيْلِ وَالنَّهَارِ سِرًّا
وَّعَلَانِيَةً فَلَهُمْ اَجْرُهُمْ عِنْدَ رَبِّهِمْ ۚ
وَلَا خَوْفٌ عَلَيْهِمْ وَلَا هُمْ يَحْزَنُوْنَ ٢٧٤

---

[1] ਕੁਰਆਨ ਵਿਚ 'ਇਲਹਾਫ਼ਨ' ਸ਼ਬਦ ਦੀ ਵਰਤੋਂ ਕੀਤੀ ਗਈ ਹੈ ਜਿਸ ਦਾ ਅਰਥ ਹੈ ਚਿੰਬੜ ਕੇ ਜਾਂ ਪਿੱਛੇ ਪੈ ਕੇ ਸਵਾਲ ਕਰਨਾ, ਪਰ ਇਮਾਮ ਤਿਬਰੀ ਅਤੇ ਦੂਜੇ ਵਿਆਖਿਆਕਾਰ ਇਸ ਦਾ ਅਰਥ ਦੱਸਦੇ ਹਨ ਕਿ ਜਿਹੜੇ ਉੱਕਾ ਹੀ ਸਵਾਲ ਨਹੀਂ ਕਰਦੇ।

[2] ਨਬੀ ਕਰੀਮ (ਸ:) ਨੇ ਫ਼ਰਮਾਇਆ, ਸੱਤ ਵਿਅਕਤੀ ਅਜਿਹੇ ਹਨ ਜਿਨ੍ਹਾਂ ਨੂੰ ਅੱਲਾਹ ਤਆਲਾ ਉਸ ਦਿਨ ਆਪਣੀ ਕੁਦਰਤ ਛਾਇਆ ਹੇਠ ਰੱਖੇਗਾ ਜਿਸ ਦਿਨ ਛੁੱਟ ਉਸ ਦੀ ਛਾਇਆ ਤੋਂ ਹੋਰ ਕੋਈ ਛਾਇਆ ਨਹੀਂ ਹੋਵੇਗਾ (1) ਆਦਿਲ ਭਾਵ ਇਨਸਾਫ਼ ਪਸੰਦ ਬਾਦਸ਼ਾਹ (2) ਉਹ ਨੌਜਵਾਨ ਜਿਹੜਾ ਅੱਲਾਹ ਦੀ ਇਬਾਦਤ ਕਰਦੇ ਹੋਏ

الَّذِينَ يَأْكُلُونَ الرِّبَوٰا لَا يَقُومُونَ إِلَّا كَمَا يَقُومُ الَّذِي يَتَخَبَّطُهُ الشَّيْطَٰنُ مِنَ الْمَسِّ ۚ ذَٰلِكَ بِأَنَّهُمْ قَالُوٓا إِنَّمَا الْبَيْعُ مِثْلُ الرِّبَوٰا ۗ وَأَحَلَّ اللَّهُ الْبَيْعَ وَحَرَّمَ الرِّبَوٰا ۚ فَمَن جَآءَهُۥ مَوْعِظَةٌ مِّن رَّبِّهِۦ فَانتَهَىٰ فَلَهُۥ مَا سَلَفَ وَأَمْرُهُۥٓ إِلَى اللَّهِ ۖ وَمَنْ عَادَ فَأُو۟لَٰٓئِكَ أَصْحَٰبُ النَّارِ ۖ هُمْ فِيهَا خَٰلِدُونَ ﴿275﴾

275. ਜਿਹੜੇ ਲੋਕ ਸੂਦ[1] ਖਾਂਦੇ ਹਨ ਉਹ (ਕਿਆਮਤ ਦਿਹਾੜੇ) ਉਸ ਵਿਅਕਤੀ ਵਾਂਗ ਖੜੇ ਹੋਣਗੇ ਜਿਸ ਨੂੰ ਸ਼ੈਤਾਨ ਨੇ ਛੂਹ ਕੇ ਪਾਗਲ ਬਣਾ ਦਿੱਤਾ ਹੋਵੇ। ਉਹਨਾਂ ਨੂੰ ਇਹ ਸਜ਼ਾ ਇਸ ਲਈ ਮਿਲੇਗੀ ਕਿ ਉਹ ਕਿਹਾ ਕਰਦੇ ਸਨ ਕਿ ਵਪਾਰ ਵੀ ਤਾਂ ਵਿਆਜ ਵਾਂਗ ਹੀ ਹੈ ਜਦ ਕਿ ਵਪਾਰ ਨੂੰ ਅੱਲਾਹ ਨੇ ਹਲਾਲ (ਜਾਇਜ਼) ਆਖਿਆ ਹੈ ਅਤੇ ਵਿਆਜ ਨੂੰ ਹਰਾਮ (ਨਾਜਾਇਜ਼)। ਫਿਰ ਜਿਸ ਵਿਅਕਤੀ ਕੋਲ ਉਸ ਦੇ ਰੱਬ ਵੱਲੋਂ ਨਸੀਹਤ ਆ ਜਾਵੇ ਅਤੇ ਉਹ (ਵਿਆਜ ਖਾਣ ਤੋਂ) ਰੁਕ ਜਾਵੇ ਤਾਂ ਜਿਹੜਾ ਵਿਆਜ ਉਹ ਪਹਿਲਾਂ ਖਾ ਚੁੱਕਿਆ ਹੈ ਸੋ ਖਾ ਚੁੱਕਿਆ, ਉਸ ਦਾ ਮੁਆਮਲਾ ਅੱਲਾਹ ਕੋਲ ਹੈ ਪਰ ਜਿਹੜਾ ਵਿਅਕਤੀ ਫਿਰ ਮੁੜ (ਵਿਆਜੂ ਪੈਂਦਾ) ਕਰੇਗਾ ਤਾਂ ਅਜਿਹੇ ਲੋਕ ਹੀ ਨਰਕ ਵਿਚ ਜਾਣਗੇ, ਜਿੱਥੇ ਉਹ ਸਦਾ ਲਈ ਰਹਿਣਗੇ।

يَمْحَقُ اللَّهُ الرِّبَوٰا وَيُرْبِى الصَّدَقَٰتِ ۗ وَاللَّهُ لَا يُحِبُّ كُلَّ كَفَّارٍ أَثِيمٍ ﴿276﴾

276. ਅੱਲਾਹ ਵਿਆਜ ਨੂੰ ਮਿਟਾਉਂਦਾ ਹੈ ਅਤੇ ਖ਼ੈਰਾਤ (ਦਾਨ) ਨੂੰ ਵਧਾਉਂਦਾ ਹੈ। ਅੱਲਾਹ ਕਿਸੇ ਨਾ ਸ਼ੁਕਰੇ ਗੁਨਾਹਗਾਰ ਵਿਅਕਤੀ ਨੂੰ ਪਸੰਦ ਨਹੀਂ ਕਰਦਾ।

ਜਵਾਨ ਹੋਇਆ (3) ਅਜਿਹਾ ਵਿਅਕਤੀ ਜਿਸ ਦਾ ਮਨ ਮਸੀਤ ਵਿਚ ਹੀ ਅਟਕਿਆ ਰਹਿੰਦਾ ਹੋ (4) ਉਹ ਦੋ ਵਿਅਕਤੀ ਜਿਹੜੇ ਕੇਵਲ ਅੱਲਾਹ ਲਈ ਮੁਹੱਬਤ (ਦੋਸਤੀ) ਕਰਦੇ ਹਨ (5) ਉਹ ਵਿਅਕਤੀ ਜਿਸ ਨੂੰ ਕੋਈ ਖ਼ੂਬਸੂਰਤ ਔਰਤ ਅਸ਼ਲੀਲਤਾ ਵੱਲ ਬੁਲਾਵੇ ਪਰ ਉਹ ਆਖੇ ਕਿ ਮੈਂ ਅੱਲਾਹ ਤੋਂ ਡਰਦਾ ਹਾਂ (6) ਉਹ ਵਿਅਕਤੀ ਜਿਹੜਾ ਕੋਈ ਦਾਨ ਪੁੰਨ ਕਰੇ ਪਰ ਉਸ ਨੂੰ ਇੰਜ ਗੁਪਤ ਰੱਖੇ ਕਿ ਉਹਦੇ ਖੱਬੇ ਹੱਥ ਨੂੰ ਇਸ ਦਾ ਗਿਆਨ ਨਾ ਹੋਵੇ ਕਿ ਉਸ ਦੇ ਸੱਜੇ ਹੱਥ ਨੇ ਕੀ ਖ਼ੈਰਾਤ ਕੀਤੀ ਹੈ (7) ਉਹ ਵਿਅਕਤੀ ਜਿਹੜਾ ਇਕਾਂਤ ਵਿਚ ਅੱਲਾਹ ਨੂੰ ਯਾਦ ਕਰਦਾ ਹੈ ਅਤੇ ਅੱਲਾਹ ਦੇ ਡਰ-ਭੈਅ ਦੇ ਨਾਲ ਉਸ ਦੀਆਂ ਅੱਖਾਂ ਵਿਚ ਹੰਝੂ ਆ ਜਾਣ। (ਸਹੀ ਬੁਖ਼ਾਰੀ, ਹਦੀਸ 1423)

1 ਸੂਦ ਮੁੱਖ ਕਰਕੇ ਦੋ ਪ੍ਰਕਾਰ ਦਾ ਹੁੰਦਾ ਹੈ। ਇਕ ਇਹ ਕਿ ਕੁੱਝ ਸਮੇਂ ਲਈ ਕਿਸੇ ਨੂੰ ਸੌ ਰੁਪਏ ਇਸ ਸ਼ਰਤ 'ਤੇ ਦੇਣਾ ਕਿ ਵਾਪਸ ਕਰਦੇ ਹੋਏ ਇਕ ਸੌ ਪੰਜਾਹ ਜਾਂ ਇਕ ਸੌ ਪੰਜੀ ਦੇਣੇ ਹੋਣਗੇ। ਇਹ ਪੱਚੀ ਜਾਂ ਪੰਜਾਹ ਉਸ ਸਮੇਂ ਦੇ ਬਦਲੇ ਵਿਚ ਹੈ ਜਿਸ ਵਿਚ ਸੌ ਰੁਪਿਆ ਵਰਤਿਆ ਗਿਆ ਹੈ। ਦੂਜਾ ਸੂਦ ਉਹ ਹੈ ਜਿਹੜਾ ਦੋ ਚੀਜ਼ਾਂ ਵਿਚ ਘਟਣ ਵਧਣ ਜਾਂ ਨਕਦ ਤੇ ਉਧਾਰ ਕਾਰਨ ਹੁੰਦਾ ਹੈ। ਜਿਵੇਂ ਅਨਾਜ ਦੇ ਬਦਲੇ ਵਿਚ ਅਨਾਜ ਲੈਣ ਹੁੰਦਾ ਹੈ ਜੇਕਰ ਹੱਥੋ-ਹੱਥੀ ਬਰਾਬਰ ਬਰਾਬਰ ਹੋਵੇ ਤਾਂ ਠੀਕ ਹੈ ਜੇ ਇਸ ਵਿਚ ਘਟਣ ਵਧਣ ਜਾਂ ਇਕ ਨਕਦ ਹੋਵੇ ਤੇ ਦੂਜੀ ਉਧਾਰ ਹੋਵੇ ਜਾਂ ਦੋਵੇਂ ਹੀ ਉਧਾਰ ਹੋਣ ਉਹ ਵੀ ਸੂਦ ਹੈ। (ਅਹਸਨੁਲ ਬਿਆਨ)

277. ਬੇਸ਼ੱਕ ਜਿਹੜੇ ਲੋਕੀ ਈਮਾਨ ਲਿਆਏ ਅਤੇ ਉਹਨਾਂ ਨੇ ਨੇਕ ਕੰਮ ਵੀ ਕੀਤੇ ਨਮਾਜ਼ ਕਾਇਮ ਕੀਤੀ ਅਤੇ ਜ਼ਕਾਤ ਦਿੰਦੇ ਰਹੇ ਉਹਨਾਂ ਦਾ ਬਦਲਾ ਉਹਨਾਂ ਦੇ ਰੱਬ ਕੋਲ ਹੈ, ਨਾ ਉਹਨਾਂ ਨੂੰ ਕੋਈ ਚਿੰਤਾ ਹੋਵੇਗਾ ਅਤੇ ਨਾ ਹੀ ਉਹ ਦੁਖੀ ਹੋਣਗੇ।

إِنَّ الَّذِينَ آمَنُوا وَعَمِلُوا الصَّالِحَاتِ وَأَقَامُوا
الصَّلَاةَ وَآتَوُا الزَّكَاةَ لَهُمْ أَجْرُهُمْ عِندَ رَبِّهِمْ
وَلَا خَوْفٌ عَلَيْهِمْ وَلَا هُمْ يَحْزَنُونَ ٢٧٧

278. ਹੇ ਲੋਕੋ! ਜਿਹੜੇ ਈਮਾਨ ਲਿਆਏ ਹੋ ਅੱਲਾਹ ਤੋਂ ਡਰੋ। ਜਿਹੜਾ ਵਿਆਜ ਲੈਣਾ (ਲੋਕਾਂ ਸਿਰ) ਬਾਕੀ ਰਹਿੰਦਾ ਹੈ ਉਸ ਨੂੰ ਛੱਡ ਦਿਓ,[1] ਜੇ ਤੁਸੀਂ ਸੱਚੇ ਈਮਾਨ ਵਾਲੇ ਹੋ।

يَا أَيُّهَا الَّذِينَ آمَنُوا اتَّقُوا اللَّهَ وَذَرُوا مَا بَقِيَ
مِنَ الرِّبَا إِن كُنتُم مُّؤْمِنِينَ ٢٧٨

279. ਜੇ ਤੁਸੀਂ ਇਹ (ਵਿਆਜ ਖਾਣਾ ਬੰਦ) ਨਾ ਕੀਤਾ ਤਾਂ ਅੱਲਾਹ ਅਤੇ ਉਸ ਦੇ ਰਸੂਲ ਨਾਲ ਜੰਗ ਕਰਨ ਲਈ ਤਿਆਰ ਹੋ ਜਾਓ। ਜੇ ਤੁਸੀਂ ਤੌਬਾ ਕਰ ਲਵੋ ਤਾਂ ਤੁਸੀਂ ਆਪਣਾ ਮੂਲਧਨ ਲੈਣ ਦੇ ਹੱਕਦਾਰ ਹੋ। ਨਾ ਤੁਸੀਂ ਕਿਸੇ 'ਤੇ ਜ਼ੁਲਮ ਕਰੋ ਤੇ ਨਾ ਹੀ (ਅੱਲਾਹ ਵੱਲੋਂ) ਤੁਹਾਡੇ ਉੱਤੇ ਜ਼ੁਲਮ ਕੀਤਾ ਜਾਵੇਗਾ।

فَإِن لَّمْ تَفْعَلُوا فَأْذَنُوا بِحَرْبٍ مِّنَ اللَّهِ وَرَسُولِهِ
وَإِن تُبْتُمْ فَلَكُمْ رُءُوسُ أَمْوَالِكُمْ لَا تَظْلِمُونَ
وَلَا تُظْلَمُونَ ٢٧٩

280. ਜੇ (ਤੁਹਾਡੇ ਕਰਜ਼ਦਾਰ ਦਾ) ਹੱਥ ਤੰਗ ਹੋਵੇ ਤਾਂ ਉਸ ਨੂੰ ਹੱਥ ਖੁੱਲ੍ਹਣ ਤਕ ਮੋਹਲਤ ਦਿਓ ਅਤੇ ਤੁਹਾਡੇ ਲਈ ਬਹੁਤ ਹੀ ਵਧੀਆ ਹੈ ਜੇ ਤੁਸੀਂ

وَإِن كَانَ ذُو عُسْرَةٍ فَنَظِرَةٌ إِلَىٰ مَيْسَرَةٍ وَأَن
تَصَدَّقُوا خَيْرٌ لَّكُمْ إِن كُنتُمْ تَعْلَمُونَ ٢٨٠

[1] ਹਦੀਸਾਂ ਵਿਚ ਸੂਦ ਦੀ ਹਰਾਮ ਕਮਾਈ ਤੋਂ ਰੋਕਿਆ ਗਿਆ ਹੈ ਜਿਵੇਂ ਨਬੀ (ਸ:) ਨੇ ਕੁੱਤੇ ਤੇ ਖ਼ੂਨ ਕੱਢਣ ਦੀ ਕੀਮਤ (ਲੈਣ-ਦੇਣ) ਤੋਂ ਮਨ੍ਹਾਂ ਕੀਤਾ ਹੈ, ਇੰਜ ਹੀ ਖੁਣਨ ਤੇ ਖੁਣਨ ਵਾਲੀਆਂ, ਸੂਦ ਖਾਣ ਅਤੇ ਖਲਾਉਣ ਵਾਲੇ ਅਤੇ ਤਸਵੀਰ ਬਣਾਉਣ ਵਾਲੇ ਉੱਤੇ ਲਾਅਨਤ ਭੇਜੀ ਹੈ, ਇੰਜ ਹੀ ਬਦਕਾਰ ਔਰਤ ਦੀ ਕਮਾਈ ਤੋਂ ਵੀ ਰੋਕਿਆ ਹੈ। (ਸਹੀ ਬੁਖ਼ਾਰੀ, ਹਦੀਸ. 2086, 5962)

◆ ਅਬੂ-ਸਈਦ ਦਾ ਆਖਣਾ ਹੈ ਕਿ ਇਕ ਵਾਰ ਬਿਲਾਲ (ਰ:ਅ:) ਬਰਨੀ ਇਕ ਵਧੀਆ ਖਜੂਰ ਨਬੀ (ਸ:) ਦੀ ਸੇਵਾ ਵਿਚ ਲਿਆਏ ਆਪ (ਸ:) ਨੇ ਪੁੱਛਿਆ ਇਹ ਕਿਥੋਂ ਲਿਆਏ ਹੋ? ਬਿਲਾਲ ਨੇ ਕਿਹਾ ਕਿ ਮੇਰੇ ਕੋਲ ਇਕ ਘਟਿਆ ਕਿਸਮ ਦੀ ਖਜੂਰ ਸੀ ਤਾਂ ਮੈਂ ਇਸ ਘਟਿਆ ਕਿਸਮ ਦੀ ਖਜੂਰ ਦੇ ਦੋ ਤੋਲ ਦੇ ਕੇ ਇਕ ਤੋਲ ਵਧੀਆ ਖਜੂਰਾਂ ਦਾ ਲੈ ਲਿਆ ਤਾਂ ਜੋ ਤੁਹਾਡੀ ਸੇਵਾ ਵਿਚ ਪੇਸ਼ ਕਰ ਸਕਾਂ। ਤਾਂ ਆਪ (ਸ:) ਨੇ ਫ਼ਰਮਾਇਆ, ਅਫ਼ਸੋਸ ਹੈ ਅਫ਼ਸੋਸ! ਇਹ ਤਾਂ ਉੱਕਾ ਹੀ ਸੂਦ ਹੈ, ਇੰਜ ਨਾ ਕਰੋ, ਜੇ ਤੁਸੀਂ ਖਜੂਰ ਖਰੀਦਣੀ ਹੋਵੇ ਤਾਂ ਪਹਿਲਾਂ ਆਪਣੀ ਖਜੂਰ ਵੇਚੋ ਫਿਰ ਵਧੀਆ ਖਜੂਰਾਂ ਖਰੀਦੋ। (ਸਹੀ ਬੁਖ਼ਾਰੀ, ਹਦੀਸ 2312)

(ਕਰਜ਼ ਨੂੰ) ਸਦਕਾ[1] (ਭਾਵ ਮੁਆਫ਼) ਕਰ ਦੇਵੋ, ਜੇ ਤੁਹਾਨੂੰ ਇਸ ਦਾ ਗਿਆਨ ਹੈ।

281. ਉਸ ਦਿਨ ਤੋਂ ਡਰੋ ਜਦੋਂ ਤੁਸੀਂ ਸਾਰੇ ਅੱਲਾਹ ਵੱਲ ਪਰਤਾਏ ਜਾਉਗੇ ਅਤੇ ਹਰੇਕ ਵਿਅਕਤੀ ਨੇ (ਸੰਸਾਰ ਵਿਚ) ਜੋ ਵੀ (ਅਮਲ ਕੀਤਾ) ਹੋਵੇਗਾ ਉਸ ਨੂੰ ਉਸ ਦਾ ਪੂਰਾ-ਪੂਰਾ ਬਦਲਾ ਦਿੱਤਾ ਜਾਵੇਗਾ, ਕਿਸੇ ਨਾਲ ਕੋਈ ਵਧੀਕੀ ਨਹੀਂ ਹੋਵੇਗੀ।

وَاتَّقُوا يَوْمًا تُرْجَعُونَ فِيهِ إِلَى اللَّهِ ثُمَّ تُوَفَّىٰ
كُلُّ نَفْسٍ مَا كَسَبَتْ وَهُمْ لَا يُظْلَمُونَ ﴿٢٨١﴾

282. ਹੇ ਲੋਕੋ! ਜਿਹੜੇ ਈਮਾਨ ਲਿਆਏ ਹੋ! ਜਦੋਂ ਤੁਸੀਂ ਆਪੋ ਵਿਚ ਇਕ ਨਿਸ਼ਚਿਤ ਸਮੇਂ ਲਈ ਉਧਾਰ ਦਾ ਲੈਣ-ਦੇਣ ਕਰੋ ਤਾਂ ਉਸ ਨੂੰ ਲਿਖ ਲਿਆ ਕਰੋ ਅਤੇ ਲਿਖਣ ਵਾਲੇ ਨੂੰ ਚਾਹੀਦਾ ਹੈ ਕਿ ਤੁਹਾਡੇ ਵਿਚਕਾਰ (ਲੈਣ-ਦੇਣ ਨੂੰ) ਇਨਸਾਫ਼ ਨਾਲ ਲਿਖੇ ਅਤੇ ਲਿਖਣਯੋਗ ਵਿਅਕਤੀ ਲਿਖਣ ਤੋਂ ਇਨਕਾਰ ਨਾ ਕਰੇ। ਜਿਸ ਨੂੰ ਅੱਲਾਹ ਨੇ ਲਿਖਣਾ ਸਿਖਾਇਆ ਹੈ ਉਸ ਨੂੰ ਲਿਖਣਾ ਚਾਹੀਦਾ ਹੈ। ਜਿਸ ਦੇ ਜ਼ਿੰਮੇ ਕਰਜ਼ ਹੋਵੇ ਉਹੀਓ ਵਿਅਕਤੀ ਲਿਖਵਾਏਗਾ ਅਤੇ ਕਰਜ਼ਦਾਰ ਨੂੰ (ਲਿਖਵਾਉਂਦੇ ਹੋਏ) ਆਪਣੇ ਰੱਬ ਤੋਂ ਡਰਨਾ ਚਾਹੀਦਾ ਹੈ ਅਤੇ ਇਹ (ਲਿਖਵਾਉਂਦੇ ਹੋਏ) ਕਿਸੇ ਚੀਜ਼ ਨੂੰ ਘੱਟਾ ਨਾ ਦੇਵੇ। ਜੇ ਕਰਜ਼ਦਾਰ ਨਾ ਸਮਝ ਹੈ ਜਾਂ ਕਮਜ਼ੋਰ ਹੈ ਜਾਂ ਲਿਖਵਾ ਨਹੀਂ ਸਕਦਾ ਤਾਂ ਉਸ ਦੇ ਮੁਖ਼ਤਿਆਰ ਨੂੰ ਚਾਹੀਦਾ ਹੈ ਕਿ ਉਹ ਇਨਸਾਫ਼ ਨਾਲ ਲਿਖਵਾ ਦੇਵੇ ਫਿਰ ਤੁਸੀਂ ਆਪਣੇ ਮੁਸਲਮਾਨ ਮਰਦਾਂ ਵਿਚੋਂ ਦੋ ਗਵਾਹ ਬਣਾਓ ਜੇ ਦੋ ਮਰਦ ਨਾ ਹੋਣ ਤਾਂ ਇਕ ਮਰਦ ਤੇ ਦੋ ਔਰਤਾਂ, ਜਿਨ੍ਹਾਂ ਨੂੰ ਤੁਸੀਂ (ਗਵਾਹੀ ਲਈ) ਪਸੰਦ ਕਰਦੇ ਹੋ,

يَا أَيُّهَا الَّذِينَ آمَنُوا إِذَا تَدَايَنْتُمْ بِدَيْنٍ إِلَىٰ
أَجَلٍ مُسَمًّى فَاكْتُبُوهُ ۚ وَلْيَكْتُبْ بَيْنَكُمْ
كَاتِبٌ بِالْعَدْلِ ۚ وَلَا يَأْبَ كَاتِبٌ أَنْ يَكْتُبَ
كَمَا عَلَّمَهُ اللَّهُ ۚ فَلْيَكْتُبْ وَلْيُمْلِلِ الَّذِي
عَلَيْهِ الْحَقُّ وَلْيَتَّقِ اللَّهَ رَبَّهُ وَلَا يَبْخَسْ مِنْهُ
شَيْئًا ۚ فَإِنْ كَانَ الَّذِي عَلَيْهِ الْحَقُّ سَفِيهًا أَوْ
ضَعِيفًا أَوْ لَا يَسْتَطِيعُ أَنْ يُمِلَّ هُوَ فَلْيُمْلِلْ
وَلِيُّهُ بِالْعَدْلِ ۚ وَاسْتَشْهِدُوا شَهِيدَيْنِ مِنْ
رِجَالِكُمْ ۖ فَإِنْ لَمْ يَكُونَا رَجُلَيْنِ فَرَجُلٌ وَامْرَأَتَانِ
مِمَّنْ تَرْضَوْنَ مِنَ الشُّهَدَاءِ أَنْ تَضِلَّ إِحْدَاهُمَا
فَتُذَكِّرَ إِحْدَاهُمَا الْأُخْرَىٰ ۚ وَلَا يَأْبَ الشُّهَدَاءُ
إِذَا مَا دُعُوا ۚ وَلَا تَسْأَمُوا أَنْ تَكْتُبُوهُ صَغِيرًا أَوْ
كَبِيرًا إِلَىٰ أَجَلِهِ ۚ ذَٰلِكُمْ أَقْسَطُ عِنْدَ اللَّهِ وَأَقْوَمُ
لِلشَّهَادَةِ وَأَدْنَىٰ أَلَّا تَرْتَابُوا ۖ إِلَّا أَنْ تَكُونَ تِجَارَةً
حَاضِرَةً تُدِيرُونَهَا بَيْنَكُمْ فَلَيْسَ عَلَيْكُمْ جُنَاحٌ

[1] ਇਸ ਥਾਂ ਸਦਕੇ ਤੋਂ ਭਾਵ ਮੁਆਫ਼ ਕਰ ਦੇਣਾ ਹੈ। ਨਬੀ (ਸ) ਨੇ ਫ਼ਰਮਾਇਆ ਕਿ ਇਕ ਵਿਅਕਤੀ ਲੋਕਾਂ ਨੂੰ ਉਧਾਰ ਦਿਆ ਕਰਦਾ ਸੀ ਅਤੇ ਆਪਣੇ ਨੌਕਰ ਨੂੰ ਆਖਦਾ ਸੀ ਕਿ ਜੇ ਤੂੰ ਉਧਾਰ ਵਾਪਸ ਲੈਣ ਲਈ ਕਿਸੇ ਹੱਥ ਤੰਗ ਵਾਲੇ ਕੋਲ ਜਾਵੇਂ ਤਾਂ ਉਸ ਨਾਲ ਨਰਮੀ ਦਾ ਵਰਤਾਓ ਕਰੀਂ ਹੋ ਸਕਦਾ ਹੈ ਕਿ ਅੱਲਾਹ ਸਾਡੇ ਨਾਲ ਨਰਮੀ ਕਰਦੇ ਤਾਂ ਆਪ (ਸ:) ਨੇ ਫ਼ਰਮਾਇਆ ਜਦੋਂ ਅੱਲਾਹ ਨਾਲ ਉਸ ਦੀ ਮਿਲਣੀ ਹੋਵੇਗੀ ਤਾਂ ਅੱਲਾਹ ਉਸ ਨੂੰ ਮੁਆਫ਼ ਕਰ ਦੇਵੇਗਾ। (ਸਹੀ ਬੁਖ਼ਾਰੀ, ਹਦੀਸ 3480)

ਗਵਾਹ ਬਣਾ ਲਵੋ। (ਇਹ ਇਸ ਲਈ) ਕਿ ਜੇਕਰ ਇਕ ਔਰਤ ਭੁੱਲ ਜਾਵੇ ਤਾਂ ਦੂਜੀ ਉਸ ਨੂੰ ਯਾਦ ਕਰਵਾ ਦਵੇ ਜਦੋਂ ਗਵਾਹਾਂ ਨੂੰ ਬੁਲਾਇਆ ਜਾਵੇ ਤਾਂ ਉਹ ਇਨਕਾਰ ਨਾ ਕਰਨ। ਮੁਆਮਲਾ ਭਾਵੇਂ ਨਿੱਕਾ ਹੋਵੇ ਜਾਂ ਵੱਡਾ ਉਸ ਨੂੰ ਨਿਯਤ ਸਮੇਂ ਨਾਲ ਲਿਖਵਾਉਣ ਵਿਚ ਢੌਲ ਨਾ ਕਰੋ, ਅੱਲਾਹ ਦੀਆਂ ਨਜ਼ਰਾਂ ਵਿਚ ਇਹੋ ਇਨਸਾਫ਼ ਵਾਲੀ ਗੱਲ ਹੈ ਅਤੇ ਗਵਾਹੀ ਲਈ ਵਧੀਆ ਤਰੀਕਾ ਹੈ ਇਸ ਤਰ੍ਹਾਂ ਸ਼ੰਕਾਵਾਂ ਦੀ ਸੰਭਾਵਨਾ ਵੀ ਘੱਟ ਜਾਂਦੀ ਹੈ। ਹਾਂ! ਜਿਹੜਾ ਕਾਰੋਬਾਰੀ ਲੈਣ-ਦੇਣ ਤੁਸੀਂ ਹੱਥੋ-ਹੱਥ ਕਰਦੇ ਹੋ ਉਸ ਦੇ ਨਾ ਲਿਖਣ ਵਿਚ ਕੋਈ ਹਰਜ ਨਹੀਂ। ਜਦੋਂ ਤੁਸੀਂ ਆਪਸ ਵਿਚ ਕੋਈ ਸੌਦਾ ਕਰੋ ਤਾਂ ਗਵਾਹ ਬਣਾ ਲਿਆ ਕਰੋ। ਲਿਖਣ ਵਾਲੇ ਨੂੰ ਅਤੇ ਗਵਾਹ ਨੂੰ ਤੰਗ ਨਾ ਕੀਤਾ ਜਾਵੇ ਜੇ ਤੁਸੀਂ (ਤੰਗ) ਕਰੋਗੇ ਤਾਂ ਇਹ ਤੁਹਾਡੇ ਵੱਲੋਂ (ਰੱਬ ਦੇ ਹੁਕਮਾਂ ਦੀ) ਉਲੰਘਣਾ ਹੋਵੇਗੀ। ਅੱਲਾਹ ਤੋਂ ਡਰਦੇ ਰਹੋ ਅਤੇ ਇਹ ਸਾਰੀਆਂ (ਗੱਲਾਂ) ਤੁਹਾਨੂੰ ਅੱਲਾਹ ਹੀ ਸਿਖਾਉਂਦਾ ਹੈ। ਅੱਲਾਹ ਹਰੇਕ ਗੱਲ ਨੂੰ ਭਲੀ ਭਾਂਤ ਜਾਣਨ ਵਾਲਾ ਹੈ।

اَلَّا تَكْتُبُوْهَا ۭ وَاَشْهِدُوْٓا اِذَا تَبَايَعْتُمْ ۠ وَلَا يُضَاۗرَّ
كَاتِبٌ وَّلَا شَهِيْدٌ ڛ وَاِنْ تَفْعَلُوْا فَاِنَّهٗ فُسُوْقٌۢ
بِكُمْ ۭ وَاتَّقُوا اللّٰهَ ۭ وَيُعَلِّمُكُمُ اللّٰهُ ۭ وَاللّٰهُ
بِكُلِّ شَيْءٍ عَلِيْمٌ ﴿٢٨٢﴾

283 ਜੇ ਤੁਸੀਂ ਸਫ਼ਰ ਵਿਚ ਹੋਵੋ ਅਤੇ ਤੁਹਾਨੂੰ ਕੋਈ ਲਿਖਣ ਵਾਲਾ ਨਾ ਮਿਲੇ ਤਾਂ ਕਿਸੇ ਚੀਜ਼ ਨੂੰ ਗਿਰਵੀ ਰੱਖ ਦਿਓ।[1] ਜੇ ਤੁਹਾਡੇ ਵਿੱਚੋਂ ਕੋਈ ਕਿਸੇ 'ਤੇ ਭਰੋਸਾ ਕਰੇ ਜਿਸ ਵਿਅਕਤੀ 'ਤੇ ਭਰੋਸਾ ਕੀਤਾ ਗਿਆ ਹੈ ਉਸ ਨੂੰ ਚਾਹੀਦਾ ਹੈ ਕਿ ਅਮਾਨਤ ਵਾਪਸ ਕਰੇ ਅਤੇ ਆਪਣੇ ਰੱਬ ਤੋਂ ਡਰਦਾ ਰਹੇ। ਤੁਹਾਡੇ ਵਿੱਚੋਂ ਕੋਈ ਗਵਾਹੀ ਨੂੰ ਨਾ ਲੁਕੋਵੇ, ਜਿਹੜਾ ਕੋਈ ਗਵਾਹੀ ਨੂੰ ਲੁਕੋਵੇਗਾ ਉਸ ਦਾ ਮਨ ਪਾਪੀ ਹੈ। ਤੁਸੀਂ ਜੋ ਕੁੱਝ ਵੀ ਕਰਦੇ ਹੋ ਅੱਲਾਹ ਭਲੀ-ਭਾਂਤ ਜਾਣਦਾ ਹੈ।

وَاِنْ كُنْتُمْ عَلٰي سَفَرٍ وَّلَمْ تَجِدُوْا كَاتِبًا فَرِھٰنٌ
مَّقْبُوْضَةٌ ۭ فَاِنْ اَمِنَ بَعْضُكُمْ بَعْضًا فَلْيُؤَدِّ
الَّذِي اؤْتُمِنَ اَمَانَتَهٗ وَلْيَتَّقِ اللّٰهَ رَبَّهٗ ۭ
وَلَا تَكْتُمُوا الشَّهَادَةَ ۭ وَمَنْ يَّكْتُمْهَا فَاِنَّهٗٓ
اٰثِمٌ قَلْبُهٗ ۭ وَاللّٰهُ بِمَا تَعْمَلُوْنَ عَلِيْمٌ ﴿٢٨٣﴾

---

[1] ਕਿਸੇ ਚੀਜ਼ ਦਾ ਗਿਰਵੀ ਰੱਖਣਾ ਹਦੀਸ ਤੋਂ ਸਿੱਧ ਹੁੰਦਾ ਹੈ ਹਜ਼ਰਤ ਆਇਸ਼ਾ (ਰ:ਅ:) ਫ਼ਰਮਾਉਂਦੀਆਂ ਹਨ, ਨਬੀ ਕਰੀਮ (ਸ:) ਨੇ ਇਕ ਯਹੂਦੀ ਤੋਂ ਇਕ ਨਿਯਤ ਸਮੇਂ ਲਈ ਅਨਾਜ ਖ਼ਰੀਦਿਆ ਅਤੇ ਆਪਣੀ ਜ਼ੱਰਾਹ ਉਸ ਦੇ ਕੋਲ ਗਿਰਵੀ ਰੱਖੀ। (ਸਹੀ ਬੁਖ਼ਾਰੀ, ਹਦੀਸ 2509)

284. ਅਕਾਸ਼ਾਂ ਅਤੇ ਧਰਤੀ ਵਿਚ ਜੋ ਵੀ ਹੈ ਉਹ ਸਭ ਅੱਲਾਹ ਦਾ ਹੀ ਹੈ ਤੁਹਾਡੇ ਦਿਲਾਂ ਵਿਚ ਜੋ ਵੀ ਹੈ ਤੁਸੀਂ ਭਾਵੇਂ ਉਸ ਨੂੰ ਪ੍ਰਗਟ ਕਰੋ ਜਾਂ ਗੁਪਤ ਰੱਖੋ ਅੱਲਾਹ ਤੁਹਾਥੋਂ ਉਹਨਾਂ ਸਭ ਦਾ ਹਿਸਾਬ ਲਵੇਗਾ ਫਿਰ ਇਹ ਉਸ ਦੀ ਮਰਜ਼ੀ ਹੈ ਕਿ ਜਿਸ ਨੂੰ ਚਾਹੇ ਬਖ਼ਸ਼ ਦੇਵੇ ਜਿਸ ਨੂੰ ਚਾਹੇ ਅਜ਼ਾਬ (ਸਜ਼ਾ) ਦੇਵੇ। ਅੱਲਾਹ ਹਰ ਗੱਲ ਦੀ ਸਮਰਥਾ ਰੱਖਦਾ ਹੈ।

لِلّٰهِ مَا فِي السَّمٰوٰتِ وَمَا فِي الْاَرْضِ ۗ وَاِنْ تُبْدُوْا
مَا فِيْٓ اَنْفُسِكُمْ اَوْ تُخْفُوْهُ يُحَاسِبْكُمْ بِهِ اللّٰهُ ۗ
فَيَغْفِرُ لِمَنْ يَّشَآءُ وَيُعَذِّبُ مَنْ يَّشَآءُ ۗ وَاللّٰهُ
عَلٰى كُلِّ شَيْءٍ قَدِيْرٌ ﴿284﴾

285. ਰਸੂਲ (ਮੁਹੰਮਦ) ਅਤੇ ਸਾਰੇ ਮੋਮਿਨ ਵੀ ਉਸੇ ਹਿਦਾਇਤ (ਕੁਰਆਨ) 'ਤੇ ਈਮਾਨ ਲਿਆਏ ਹਨ ਜਿਹੜੀ ਉਹਨਾਂ 'ਤੇ ਉਹਨਾਂ ਦੇ ਰੱਬ ਵੱਲੋਂ ਉਤਾਰੀ ਗਈ ਹੈ। ਇਹ ਸਾਰੇ ਅੱਲਾਹ ਤੇ ਉਸ ਦੇ ਫ਼ਰਿਸ਼ਤਿਆਂ, ਉਸ ਦੀਆਂ ਕਿਤਾਬਾਂ, ਅਤੇ ਉਸ ਦੇ ਰਸੂਲਾਂ 'ਤੇ ਈਮਾਨ ਲਿਆਏ ਹਨ ਅਤੇ ਆਖਦੇ ਹਨ ਕਿ ਅਸੀਂ ਉਸ (ਅੱਲਾਹ) ਦੇ ਰਸੂਲਾਂ ਵਿਚ (ਵਡਿਆਈ ਪੱਖੋਂ) ਕੋਈ ਅੰਤਰ ਨਹੀਂ ਰਖਦੇ ਅਤੇ ਆਖਦੇ ਹਨ ਕਿ ਅਸਾਂ ਹੁਕਮ ਸੁਣਿਆ ਅਤੇ ਇਸ ਦੀ ਪੈਰਵੀ ਕੀਤੀ। ਹੇ ਰੱਬਾ, ਅਸੀਂ ਤੇਰੀ ਹੀ ਬਖ਼ਸ਼ਿਸ਼ ਚਾਹੁੰਦੇ ਹਾਂ ਅਤੇ ਅਸਾਂ ਤੇਰੇ ਵੱਲ ਹੀ ਮੁੜ ਆਉਣਾ ਹੈ।

اٰمَنَ الرَّسُوْلُ بِمَآ اُنْزِلَ اِلَيْهِ مِنْ رَّبِّهٖ
وَالْمُؤْمِنُوْنَ ۗ كُلٌّ اٰمَنَ بِاللّٰهِ وَمَلٰٓئِكَتِهٖ
وَكُتُبِهٖ وَرُسُلِهٖ ۣ لَا نُفَرِّقُ بَيْنَ اَحَدٍ مِّنْ
رُّسُلِهٖ ۣ وَقَالُوْا سَمِعْنَا وَاَطَعْنَا غُفْرَانَكَ
رَبَّنَا وَاِلَيْكَ الْمَصِيْرُ ﴿285﴾

286. ਅੱਲਾਹ ਕਿਸੇ ਨੂੰ ਵੀ ਉਸ ਦੀ ਸਹਿਣ ਸ਼ਕਤੀ ਤੋਂ ਵੱਧ ਤਕਲੀਫ਼ ਨਹੀਂ ਦਿੰਦਾ। ਹਰੇਕ ਵਿਅਕਤੀ ਨੇ ਜੋ ਵੀ ਨੇਕ ਕਮਾਈ ਕੀਤੀ ਹੈ ਉਸ ਦਾ ਫਲ (ਬਦਲਾ) ਉਸੇ ਲਈ ਹੈ ਜੋ ਉਸ ਨੇ ਬੁਰਾਈ ਕੀਤੀ ਹੈ ਉਸ ਦਾ ਬੋਝ ਭਾਰ ਵੀ ਉਸੇ ਦੇ ਸਿਰ ਹੈ। (ਈਮਾਨ ਵਾਲੇ ਦੁਆਵਾਂ ਕਰਦੇ ਹਨ ਕਿ) ਹੇ ਸਾਡੇ ਰੱਬਾ, ਜੇ ਸਾਥੋਂ ਕੋਈ ਭੁੱਲ ਚੁੱਕ ਹੋ ਗਈ

لَا يُكَلِّفُ اللّٰهُ نَفْسًا اِلَّا وُسْعَهَا ۗ لَهَا مَا كَسَبَتْ
وَعَلَيْهَا مَا اكْتَسَبَتْ ۗ رَبَّنَا لَا تُؤَاخِذْنَآ اِنْ نَّسِيْنَآ
اَوْ اَخْطَاْنَا ۚ رَبَّنَا وَلَا تَحْمِلْ عَلَيْنَآ اِصْرًا كَمَا
حَمَلْتَهٗ عَلَى الَّذِيْنَ مِنْ قَبْلِنَا ۚ رَبَّنَا وَلَا تُحَمِّلْنَا
مَا لَا طَاقَةَ لَنَا بِهٖ ۚ وَاعْفُ عَنَّا ۥ وَاغْفِرْ لَنَا ۥ
وَارْحَمْنَا ۥ اَنْتَ مَوْلٰىنَا فَانْصُرْنَا عَلَى الْقَوْمِ
الْكٰفِرِيْنَ ﴿286﴾

ਹੋਵੇ ਤਾਂ ਸਾਡੀ ਪਕੜ ਨਾ ਕਰੀਂ। ਹੇ ਸਾਡੇ ਰੱਬ! ਸਾਡੇ 'ਤੇ ਅਜਿਹਾ ਬੋਝ ਨਾ ਪਾਈਂ ਜਿਹੜੇ ਤੂੰ ਸਾਥੋਂ ਪਹਿਲਾਂ ਦੇ ਲੋਕਾਂ 'ਤੇ ਪਾਏ ਸਨ (ਹੇ ਸਾਡੇ ਰੱਬ) ਸਾਡੇ 'ਚ ਜਿਸ ਬੋਝ ਨੂੰ ਚੁੱਕਣ ਦੀ ਹਿੰਮਤ ਹੀ ਨਹੀਂ ਉਹ ਸਾਥੋਂ ਨਾ ਚੁਕਵਾਈਂ। ਸਾਡੀਆਂ ਭੁੱਲਾਂ ਦੀ ਅਣਦੇਖੀ ਕਰ, ਸਾਨੂੰ ਬਖ਼ਸ਼ ਦੇ ਅਤੇ ਸਾਡੇ 'ਤੇ ਰਹਿਮ ਫ਼ਰਮਾ। ਤੂੰ ਹੀ ਸਾਡੇ ਕੰਮ ਸੰਵਾਰਨ ਵਾਲਾ ਹੈ, ਸੋ ਤੂੰ ਕਾਫ਼ਰਾਂ ਦੇ ਮੁਕਾਬਲੇ ਵਿਚ ਸਾਡੀ ਮਦਦ ਫ਼ਰਮਾ।[1] (ਆਮੀਨ!)

3. ਸੂਰਤ ਆਲੇ-ਇਮਰਾਨ (ਮਦਨੀ-89)

سُوْرَةُ اٰلِ عِمْرٰنَ

(ਆਇਤਾਂ 200, ਰੁਕੂਅ 20)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਅਲਿਫ਼, ਲਾਮ, ਮੀਮ।

الٓمّٓ ﴿۱﴾

2. ਉਹ ਅੱਲਾਹ ਹੈ, ਉਸ ਤੋਂ ਛੁੱਟ ਹੋਰ ਕੋਈ ਵੀ ਇਸ਼ਟ ਨਹੀਂ। ਉਹ (ਸਦਾ ਤੋਂ ਅਤੇ ਸਦਾ ਲਈ) ਜਿਊਂਦਾ ਹੈ ਅਤੇ (ਸ੍ਰਿਸ਼ਟੀ ਦੀ ਵਿਵਸਥਾ ਨੂੰ) ਸਾਂਭਣ ਵਾਲਾ ਹੈ।

اللّٰهُ لَآ اِلٰهَ اِلَّا هُوَ الْحَيُّ الْقَيُّوْمُ ﴿۲﴾

3. (ਹੇ ਨਬੀ!) ਉਸੇ ਨੇ ਤੁਹਾਡੇ 'ਤੇ ਹੱਕ ਸੱਚ ਦੇ ਨਾਲ ਕਿਤਾਬ (ਕੁਰਆਨ) ਉਤਾਰੀ ਜਿਹੜੀ ਆਪਣੇ ਤੋਂ ਪਹਿਲੀਆਂ (ਰੱਬ ਵੱਲੋਂ ਨਾਜ਼ਿਲ ਹੋਣ ਵਾਲੀਆਂ)

نَزَّلَ عَلَيْكَ الْكِتٰبَ بِالْحَقِّ مُصَدِّقًا لِّمَا بَيْنَ
يَدَيْهِ وَاَنْزَلَ التَّوْرٰىةَ وَالْاِنْجِيْلَ ﴿۳﴾

---

[1] ਹਜ਼ਰਤ ਅਬੂ ਮਸਊਦ ਅਲ ਬਦਰੀ (ਰਜ਼ਿ:) ਤੋਂ ਪਤਾ ਲੱਗਦਾ ਹੈ ਕਿ ਨਬੀ ਕਰੀਮ (ਸ:) ਨੇ ਫ਼ਰਮਾਇਆ ਕਿ ਜਿਸ ਨੇ ਬਕਰਹ ਸੂਰਤ ਦੀਆਂ ਆਖ਼ਰੀ ਦੋ ਆਇਤਾਂ ਰਾਤ ਨੂੰ ਸੌਣ ਲੱਗੇ ਪੜ੍ਹ ਲਈਆਂ ਤਾਂ ਉਹ ਉਸ ਲਈ ਰਾਤ ਦੀ ਇਬਾਦਤ ਲਈ ਬਥੇਰੀ ਹੈ। (ਸਹੀ ਬੁਖ਼ਾਰੀ, ਹਦੀਸ: 4008)

ਕਿਤਾਬਾਂ ਦੀ ਪੁਸ਼ਟੀ ਕਰਦੀ ਹੈ। ਉਸੇ (ਅੱਲਾਹ) ਨੇ ਤੌਰੈਤ ਅਤੇ ਇੰਜੀਲ ਨੂੰ ਨਾਜ਼ਿਲ ਕੀਤਾ।

4. ਉਸੇ ਨੇ ਪਹਿਲੇ ਲੋਕਾਂ ਦੀ ਹਿਦਾਇਤ ਲਈ (ਕਿਤਾਬਾਂ ਭੇਜੀਆਂ) ਅਤੇ ਉਸੇ ਨੇ ਫ਼ੁਰਕਾਨ (.ਕੁਰਆਨ) ਨਾਜ਼ਿਲ ਕੀਤਾ ਹੈ। ਬੇਸ਼ੱਕ ਉਹ ਲੋਕ ਜਿਨ੍ਹਾਂ ਨੇ ਅੱਲਾਹ ਦੀਆਂ ਆਇਤਾਂ ਦਾ ਇਨਕਾਰ ਕੀਤਾ ਉਹਨਾਂ ਲਈ ਕਰੜਾ ਅਜ਼ਾਬ ਹੈ। ਅੱਲਾਹ ਜ਼ੋਰਾਵਰ ਹੈ (ਇਨਕਾਰੀਆਂ ਤੋਂ) ਬਦਲਾ ਲੈਣ ਵਾਲਾ ਹੈ।

مِنْ قَبْلُ هُدًى لِّلنَّاسِ وَأَنْزَلَ الْفُرْقَانَ ۗ إِنَّ الَّذِينَ كَفَرُوا بِآيَاتِ اللَّهِ لَهُمْ عَذَابٌ شَدِيدٌ ۗ وَاللَّهُ عَزِيزٌ ذُو انْتِقَامٍ ﴿٤﴾

5 ਬੇਸ਼ੱਕ ਅੱਲਾਹ ਤੋਂ ਧਰਤੀ ਤੇ ਅਕਾਸ਼ ਦੀ ਕੋਈ ਵੀ ਚੀਜ਼ ਲੁਕੀ ਹੋਈ ਨਹੀਂ।

إِنَّ اللَّهَ لَا يَخْفَىٰ عَلَيْهِ شَيْءٌ فِي الْأَرْضِ وَلَا فِي السَّمَاءِ ﴿٥﴾

6 ਉਹੀਓ (ਅੱਲਾਹ) ਤੁਹਾਡੀਆਂ ਮਾਵਾਂ ਦੇ ਗਰਭ ਵਿਚ ਤੁਹਾਡੀਆਂ ਸ਼ਕਲਾਂ ਸੂਰਤਾਂ ਜਿਵੇਂ ਚਾਹੁੰਦਾ ਹੈ ਬਣਾਉਂਦਾ ਹੈ। ਉਸ ਤੋਂ ਛੁੱਟ ਕੋਈ ਇਸ਼ਟ ਨਹੀਂ। ਉਹੀਓ ਜ਼ੋਰਾਵਰ ਅਤੇ ਹਿਕਮਤ (ਸੂਝ-ਬੂਝ) ਵਾਲਾ ਹੈ।

هُوَ الَّذِي يُصَوِّرُكُمْ فِي الْأَرْحَامِ كَيْفَ يَشَاءُ ۚ لَا إِلَٰهَ إِلَّا هُوَ الْعَزِيزُ الْحَكِيمُ ﴿٦﴾

7. (ਹੇ ਮੁਹੰਮਦ!) ਤੁਹਾਡੇ 'ਤੇ ਉਹੀ ਹੈ ਜਿਸ ਨੇ ਕਿਤਾਬ (.ਕੁਰਆਨ) ਨਾਜ਼ਿਲ ਕੀਤੀ ਜਿਸ ਵਿਚ ਕੁੱਝ ਆਇਤਾਂ ਮੁਹਕਮਾਤ (ਅਟਲ ਤੇ ਸਪਸ਼ਟ) ਹਨ ਜਿਹੜੀਆਂ ਇਸ ਕਿਤਾਬ ਦਾ ਮੂਲ ਆਧਾਰ ਹਨ ਅਤੇ ਕੁੱਝ ਮੁਤਸ਼ਾਬਿਹਾਤ (ਅਸਪਸ਼ਟ, ਰੌਲਦਾਰ) ਹਨ। ਜਿਹੜੇ ਲੋਕਾਂ ਦੇ ਮਨਾਂ ਵਿਚ ਵਿੰਗ ਹੈ ਉਹ ਉਹਨਾਂ ਮੁਤਸ਼ਾਬਿਹਾਤ ਆਇਤਾਂ ਦੇ ਪਿੱਛੇ ਲੱਗੇ ਰਹਿੰਦੇ ਹਨ। ਉਹਨਾਂ ਦਾ ਉਦੇਸ਼ ਕੇਵਲ ਫ਼ਿਤਨਾ (ਸ਼ੱਕ) ਫੈਲਾਉਣਾ ਅਤੇ (.ਕੁਰਆਨ ਤੋਂ ਦੂਰ ਕਰਨ ਲਈ) ਦਲੀਲਾਂ ਦੀ ਭਾਲ ਕਰਨਾ ਹੈ ਜਦ ਕਿ

هُوَ الَّذِي أَنْزَلَ عَلَيْكَ الْكِتَابَ مِنْهُ آيَاتٌ مُحْكَمَاتٌ هُنَّ أُمُّ الْكِتَابِ وَأُخَرُ مُتَشَابِهَاتٌ ۖ فَأَمَّا الَّذِينَ فِي قُلُوبِهِمْ زَيْغٌ فَيَتَّبِعُونَ مَا تَشَابَهَ مِنْهُ ابْتِغَاءَ الْفِتْنَةِ وَابْتِغَاءَ تَأْوِيلِهِ ۗ وَمَا يَعْلَمُ تَأْوِيلَهُ إِلَّا اللَّهُ ۗ وَالرَّاسِخُونَ فِي الْعِلْمِ يَقُولُونَ آمَنَّا بِهِ كُلٌّ مِنْ عِنْدِ رَبِّنَا ۗ وَمَا يَذَّكَّرُ إِلَّا أُولُو الْأَلْبَابِ ﴿٧﴾

ਅੱਲਾਹ ਤੋਂ ਛੁੱਟ ਕੋਈ ਵੀ ਇਹਨਾਂ (ਅਸਪਸ਼ਟ) ਆਇਤਾਂ ਦੀ ਹਕੀਕਤ ਨੂੰ ਨਹੀਂ ਜਾਣਦਾ। ਜਿਹੜੇ ਲੋਕ ਆਪਣੇ ਗਿਆਨ (ਈਮਾਨ) ਵਿਚ ਪੱਕੇ ਹਨ ਉਹ ਆਖਦੇ ਹਨ ਕਿ ਸਾਡਾ ਤਾਂ ਇਹਨਾਂ (ਅਸਪਸ਼ਟ ਆਇਤਾਂ) 'ਤੇ ਈਮਾਨ ਹੈ। ਇਹ ਸਭ ਸਾਡੇ ਰੱਬ ਵੱਲੋਂ ਹੀ ਹੈ। ਨਸੀਹਤ ਤਾਂ ਕੇਵਲ ਅਕਲ ਵਾਲੇ ਹੀ ਗ੍ਰਹਿਣ ਕਰਦੇ ਹਨ।

8. (ਅਕਲ ਵਾਲੇ ਦੁਆਵਾਂ ਕਰਦੇ ਹਨ ਕਿ) ਹੇ ਸਾਡੇ ਰੱਬ! ਹਿਦਾਇਤ ਦੇਣ ਮਗਰੋਂ ਸਾਡੇ ਦਿਲਾਂ ਵਿਚ ਵਿੰਗ-ਵਲ ਨਾ ਪਾਈਂ ਅਤੇ ਸਾਡੇ ਉੱਤੇ ਆਪਣੇ ਕੋਲੋਂ ਰਹਿਮਤ ਦੀ ਬਖ਼ਸ਼ਿਸ਼ ਕਰ। ਬੇਸ਼ੱਕ ਤੂੰ ਹੀ ਸਭ ਤੋਂ ਵੱਡਾ ਸਖ਼ੀ ਦਾਤਾ ਹੈ।

رَبَّنَا لَا تُزِغْ قُلُوبَنَا بَعْدَ إِذْ هَدَيْتَنَا وَهَبْ لَنَا مِن لَّدُنكَ رَحْمَةً ۚ إِنَّكَ أَنتَ الْوَهَّابُ ﴿٨﴾

9. ਹੇ ਸਾਡੇ ਰੱਬ! ਬੇਸ਼ੱਕ ਤੂੰ ਇਕ ਦਿਨ ਸਾਰੇ ਲੋਕਾਂ ਨੂੰ (ਆਪਣੀ ਹਜ਼ੂਰੀ ਵਿਚ) ਜਮ੍ਹਾਂ ਕਰਨ ਵਾਲਾ ਹੈ ਜਿਸ ਦੇ ਆਉਣ ਵਿਚ ਕਿਸੇ ਪ੍ਰਕਾਰ ਦਾ ਕੋਈ ਸ਼ੱਕ ਨਹੀਂ। ਬੇਸ਼ੱਕ ਅੱਲਾਹ ਆਪਣੇ ਬਚਨਾਂ ਤੋਂ ਟਲਣ ਵਾਲਾ ਨਹੀਂ।

رَبَّنَا إِنَّكَ جَامِعُ النَّاسِ لِيَوْمٍ لَّا رَيْبَ فِيهِ ۚ إِنَّ اللَّهَ لَا يُخْلِفُ الْمِيعَادَ ﴿٩﴾

10. ਬੇਸ਼ੱਕ ਜਿਨ੍ਹਾਂ ਲੋਕਾਂ ਨੇ (ਰੱਬ ਦਾ) ਇਨਕਾਰ ਕੀਤਾ ਉਹਨਾਂ ਦੇ ਮਾਲ ਅਤੇ ਔਲਾਦ ਉਹਨਾਂ ਨੂੰ ਅੱਲਾਹ ਦੇ ਅਜ਼ਾਬ ਤੋਂ ਬਚਾਉਣ ਲਈ ਕੁੱਝ ਕੰਮ ਨਹੀਂ ਆਵੇਗੀ, ਉਹ ਲੋਕੀਂ ਤਾਂ (ਨਰਕ ਦੀ) ਅੱਗ ਦਾ ਬਾਲਣ ਹਨ।

إِنَّ الَّذِينَ كَفَرُوا لَن تُغْنِيَ عَنْهُمْ أَمْوَالُهُمْ وَلَا أَوْلَادُهُم مِّنَ اللَّهِ شَيْئًا ۖ وَأُولَٰئِكَ هُمْ وَقُودُ النَّارِ ﴿١٠﴾

11. (ਉਹਨਾਂ ਦਾ ਅੰਤ) ਫ਼ਿਰਔਨ ਦੇ ਸਾਥੀਆਂ ਅਤੇ ਉਹਨਾਂ ਤੋਂ ਪਹਿਲਾਂ ਦੇ ਲੋਕਾਂ ਵਾਂਗ ਹੋਵੇਗਾ। ਉਹਨਾਂ ਨੇ ਸਾਡੀਆਂ ਆਇਤਾਂ (ਹੁਕਮਾਂ) ਨੂੰ ਝੁਠਲਾਇਆ ਤਾਂ ਅੱਲਾਹ ਨੇ ਵੀ ਉਹਨਾਂ ਨੂੰ ਉਹਨਾਂ ਦੇ ਅਪਰਾਧਾਂ ਕਾਰਨ (ਸਜ਼ਾ ਲਈ) ਨੱਪ ਲਿਆ। ਅੱਲਾਹ ਸਜ਼ਾ ਦੇਣ ਵਿਚ ਬਹੁਤ ਸਖ਼ਤ ਹੈ।

كَدَأْبِ آلِ فِرْعَوْنَ وَالَّذِينَ مِن قَبْلِهِمْ ۚ كَذَّبُوا بِآيَاتِنَا فَأَخَذَهُمُ اللَّهُ بِذُنُوبِهِمْ ۗ وَاللَّهُ شَدِيدُ الْعِقَابِ ﴿١١﴾

12. (ਹੇ ਨਬੀ!) ਜਿਹਨਾਂ ਲੋਕਾਂ ਨੇ ਕੁਫ਼ਰ ਕੀਤਾ ਹੈ ਉਹਨਾਂ ਨੂੰ ਆਖ ਦਿਓ ਕਿ ਛੇਤੀ ਹੀ ਤੁਸੀਂ (ਅੱਲਾਹ ਦੇ) ਅਧੀਨ ਹੋ ਜਾਓਗੇ ਅਤੇ ਤੁਹਾਨੂੰ ਨਰਕ ਵੱਲ ਹੱਕਿਆ ਜਾਵੇਗਾ ਜੋ ਕਿ ਬਹੁਤ ਹੀ ਬੁਰਾ ਟਿਕਾਣਾ ਹੈ।

قُلْ لِّلَّذِيْنَ كَفَرُوْا سَتُغْلَبُوْنَ وَتُحْشَرُوْنَ
اِلٰى جَهَنَّمَ ؕ وَبِئْسَ الْمِهَادُ ﴿12﴾

13. ਹਕੀਕਤ ਵਿਚ ਤੁਹਾਡੇ ਲਈ ਉਹਨਾਂ ਦੋ ਧੜਿਆਂ (ਮੋਮਿਨ ਤੇ ਕਾਫ਼ਿਰਾਂ) ਵਿਚ (ਸਿੱਖਿਆ ਲਈ) ਇਕ ਅਹਿਮ ਨਿਸ਼ਾਨੀ ਸੀ ਜਿਹੜੇ (ਬਦਰ ਦੇ ਮੈਦਾਨ ਵਿਚ) ਇਕ ਦੂਜੇ ਨਾਲ ਭਿੜੇ ਸੀ (ਉਹਨਾਂ ਵਿਚ) ਇਕ ਧੜਾ ਅੱਲਾਹ ਦੀ ਰਾਹ ਵਿਚ ਲੜ ਰਿਹਾ ਸੀ ਅਤੇ ਦੂਜਾ (ਰੱਬ ਦਾ) ਇਨਕਾਰੀ ਸੀ। ਵੇਖਣ ਵਾਲੀਆਂ ਅੱਖਾਂ ਉਹਨਾਂ (ਕਾਫ਼ਿਰਾਂ) ਦੇ ਧੜੇ ਨੂੰ (ਮੁਸਲਮਾਨਾਂ ਦੇ ਧੜੇ ਤੋਂ) ਦੋ ਗੁਣਾ ਵੇਖ ਰਹੀਆਂ ਸਨ। (ਜਦ ਕਿ) ਅੱਲਾਹ ਜਿਸ ਨੂੰ ਚਾਹੁੰਦਾ ਹੈ ਆਪਣੀ ਮਦਦ ਦੁਆਰਾ ਸ਼ਕਤੀ (ਸਹਾਇਤਾ) ਪ੍ਰਦਾਨ ਕਰਦਾ ਹੈ। ਬੇਸ਼ੱਕ ਇਸ (ਜੰਗ ਵਿਚ) ਸੂਝ ਬੂਝ ਰੱਖਣ ਵਾਲਿਆਂ ਲਈ ਇਕ ਵੱਡੀ ਨਸੀਹਤ ਹੈ।

قَدْ كَانَ لَكُمْ اٰيَةٌ فِیْ فِئَتَیْنِ الْتَقَتَا ؕ فِئَةٌ
تُقَاتِلُ فِیْ سَبِیْلِ اللّٰهِ وَاُخْرٰى كَافِرَةٌ
یَّرَوْنَهُمْ مِّثْلَیْهِمْ رَاْیَ الْعَیْنِ ؕ وَاللّٰهُ یُؤَیِّدُ
بِنَصْرِهٖ مَنْ یَّشَآءُ ؕ اِنَّ فِیْ ذٰلِكَ لَعِبْرَةً
لِّاُولِی الْاَبْصَارِ ﴿13﴾

14 ਲੋਕਾਂ ਲਈ ਮਨ ਭਾਉਂਦੀਆਂ ਚੀਜ਼ਾਂ ਫਾਹੀਆਂ ਸੋਹਣੀਆਂ ਬਣਾ ਛੱਡੀਆਂ ਹਨ ਜਿਵੇਂ ਪਤਨੀਆਂ, ਪੁੱਤਰ, ਸੋਨੇ ਚਾਂਦੀ ਦੇ ਭੰਡਾਰ, ਚੋਣਵੇ ਘੋੜੇ, (ਪਾਲਤੂ) ਜਾਨਵਰ ਅਤੇ (ਹਰੀ ਭਰੀ) ਖੇਤੀ, ਜਦ ਕਿ ਇਹ ਸਭ ਸੰਸਾਰਿਕ ਜੀਵਨ ਦੀ ਹੀ ਸਮੱਗਰੀ ਹੈ, ਪਰ ਵਧੀਆ ਟਿਕਾਣਾ ਅੱਲਾਹ ਦੇ ਕੋਲ ਹੀ ਹੈ।

زُیِّنَ لِلنَّاسِ حُبُّ الشَّهَوٰتِ مِنَ النِّسَآءِ
وَالْبَنِیْنَ وَالْقَنَاطِیْرِ الْمُقَنْطَرَةِ مِنَ الذَّهَبِ
وَالْفِضَّةِ وَالْخَیْلِ الْمُسَوَّمَةِ وَالْاَنْعَامِ
وَالْحَرْثِ ؕ ذٰلِكَ مَتَاعُ الْحَیٰوةِ الدُّنْیَا ۚ
وَاللّٰهُ عِنْدَهٗ حُسْنُ الْمَاٰبِ ﴿14﴾

15. (ਹੇ ਨਬੀ!) ਤੁਸੀਂ ਆਖ ਦਿਓ ਕੀ ਮੈਂ ਤੁਹਾਨੂੰ ਇਹਨਾਂ ਚੀਜ਼ਾਂ ਤੋਂ ਵਧੀਆ ਚੀਜ਼ਾਂ ਦੱਸਾਂ? (ਉਹ ਇਹ) ਕਿ ਪਰਹੇਜ਼ਗਾਰਾਂ ਲਈ (ਭਾਵ ਰੱਬ ਤੋਂ ਡਰਦੇ ਹੋਏ ਬੁਰਾਈਆਂ ਤੋਂ ਬਚਨ) ਵਾਲਿਆਂ ਲਈ ਰੱਬ ਦੇ ਕੋਲ ਬਾਗ਼ ਹਨ ਜਿਨ੍ਹਾਂ ਦੇ ਹੇਠ ਨਹਿਰਾਂ

قُلْ اَؤُنَبِّئُكُمْ بِخَیْرٍ مِّنْ ذٰلِكُمْ ؕ لِلَّذِیْنَ اتَّقَوْا
عِنْدَ رَبِّهِمْ جَنّٰتٌ تَجْرِیْ مِنْ تَحْتِهَا الْاَنْهٰرُ
خٰلِدِیْنَ فِیْهَا وَاَزْوَاجٌ مُّطَهَّرَةٌ وَّرِضْوَانٌ مِّنَ
اللّٰهِ ؕ وَاللّٰهُ بَصِیْرٌۢ بِالْعِبَادِ ﴿15﴾

ਵਗਦੀਆਂ ਹਨ। ਉਹ ਉਹਨਾਂ ਵਿਚ ਸਦਾ ਲਈ ਰਹਿਣਗੇ ਉੱਥੇ ਉਹਨਾਂ ਲਈ ਪਵਿੱਤਰ ਪਤਨੀਆਂ ਹੋਣਗੀਆਂ ਅਤੇ ਅੱਲਾਹ ਦੀ ਰਜ਼ਾ ਵੀ ਪ੍ਰਾਪਤ ਹੋਵੇਗੀ ਅੱਲਾਹ ਆਪਣੇ ਬੰਦਿਆਂ (ਦੇ ਅਮਲਾਂ) ਨੂੰ ਚੰਗੀ ਤਰ੍ਹਾਂ ਵੇਖਦਾ ਹੈ।

16. ਜਿਹੜੇ ਲੋਕ ਦੁਆ ਕਰਦੇ ਹਨ ਕਿ ਹੇ ਸਾਡੇ ਰੱਬ! ਬੇਸ਼ੱਕ ਅਸੀਂ ਈਮਾਨ ਲਿਆਏ ਹਾਂ, ਤੂੰ ਸਾਡੇ ਗੁਨਾਹਾਂ ਨੂੰ ਬਖ਼ਸ਼ ਦੇ ਅਤੇ ਸਾਨੂੰ ਅੱਗ ਦੇ ਅਜ਼ਾਬ ਤੋਂ ਸੁਰੱਖਿਅਤ ਰੱਖ।

اَلَّذِيْنَ يَقُوْلُوْنَ رَبَّنَآ اِنَّنَآ اٰمَنَّا فَاغْفِرْ لَنَا ذُنُوْبَنَا وَقِنَا عَذَابَ النَّارِ ﴿16﴾

17. ਇਹ ਲੋਕ ਉਹ ਹਨ ਜਿਹੜੇ ਸਬਰ ਕਰਦੇ ਹਨ, ਸੱਚ ਬੋਲਦੇ ਹਨ, ਰੱਬ ਦੇ ਹੁਕਮਾਂ ਦੀ ਪਾਲਣਾ ਕਰਦੇ ਹਨ, (ਰੱਬ ਦੀ ਰਾਹ ਵਿਚ) ਖ਼ਰਚ ਕਰਦੇ ਹਨ ਅਤੇ ਸਰਘੀ ਵੇਲੇ ਆਪਣੇ ਲਈ ਬਖ਼ਸ਼ਿਸ਼ ਦੀਆਂ ਦੁਆਵਾਂ ਕਰਦੇ ਹਨ।

اَلصّٰبِرِيْنَ وَالصّٰدِقِيْنَ وَالْقٰنِتِيْنَ وَالْمُنْفِقِيْنَ وَالْمُسْتَغْفِرِيْنَ بِالْاَسْحَارِ ﴿17﴾

18. ਅੱਲਾਹ ਨੇ ਗਵਾਹੀ ਦਿੱਤੀ ਹੈ ਕਿ ਉਸ ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ ਅਤੇ (ਇਹੋ ਗਵਾਹੀ) ਫ਼ਰਿਸ਼ਤੇ ਅਤੇ ਗਿਆਨਵਾਨ ਲੋਕ ਵੀ ਦੇ ਰਹੇ ਹਨ ਕਿ ਉਸੇ ਸਾਰੀ ਸ੍ਰਿਸ਼ਟੀ ਨੂੰ ਇਨਸਾਫ਼ ਦੇ ਆਧਾਰ 'ਤੇ ਕਾਇਮ ਕਰ ਰੱਖਿਆ ਹੈ ਉਸ ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ ਉਹੀਓ ਜ਼ੋਰਾਵਰ ਦਾਨਾਈ ਵਾਲਾ ਹੈ।

شَهِدَ اللّٰهُ اَنَّهٗ لَآ اِلٰهَ اِلَّا هُوَ ۙ وَالْمَلٰٓئِكَةُ وَاُولُوا الْعِلْمِ قَآئِمًا بِالْقِسْطِ ۗ لَآ اِلٰهَ اِلَّا هُوَ الْعَزِيْزُ الْحَكِيْمُ ﴿18﴾

19. ਬੇਸ਼ੱਕ ਅੱਲਾਹ ਦੀ ਨਜ਼ਰ ਵਿਚ ਕੇਵਲ ਇਸਲਾਮ ਹੀ (ਸੱਚਾ) ਧਰਮ ਹੈ ਅਤੇ ਅਹਲੇ ਕਿਤਾਬ (ਭਾਵ ਯਹੂਦੀ ਤੇ ਈਸਾਈ) ਨੇ (ਰੱਬੀ) ਗਿਆਨ ਆਉਣ ਤੋਂ ਬਾਅਦ ਕੇਵਲ ਇਸ ਲਈ ਇਸਦਾ ਵਿਰੋਧ ਕੀਤਾ ਕਿਉਂ ਜੋ ਉਹ ਆਪਸ ਵਿਚ ਹਟਧਰਮੀ ਅਤੇ ਈਰਖਾ ਵਾਲਾ ਵਤੀਰਾ ਰਖਦੇ ਸਨ। ਜਿਹੜਾ

اِنَّ الدِّيْنَ عِنْدَ اللّٰهِ الْاِسْلَامُ ۗ وَمَا اخْتَلَفَ الَّذِيْنَ اُوْتُوا الْكِتٰبَ اِلَّا مِنْ بَعْدِ مَا جَآءَهُمُ الْعِلْمُ بَغْيًا بَيْنَهُمْ ۗ وَمَنْ يَّكْفُرْ بِاٰيٰتِ اللّٰهِ فَاِنَّ اللّٰهَ سَرِيْعُ الْحِسَابِ ﴿19﴾

ਵੀ ਕੋਈ ਅੱਲਾਹ ਦੀਆਂ ਆਇਤਾਂ (ਕੁਰਆਨ) ਦਾ ਇਨਕਾਰ ਕਰੇਗਾ ਅੱਲਾਹ ਛੇਤੀ ਹੀ (ਉਸ ਤੋਂ) ਹਿਸਾਬ ਲੈਣ ਵਾਲਾ ਹੈ।

20 (ਹੇ ਮੁਹੰਮਦ!) ਜੇ ਉਹ (ਅਹਲੇ ਕਿਤਾਬ) ਤੁਹਾਡੇ ਨਾਲ ਝਗੜਾ ਕਰਨ ਤਾਂ ਆਖ ਦਿਓ ਕਿ ਮੈਂ ਅਤੇ ਮੇਰੇ ਪੈਰੋਕਾਰਾਂ ਨੇ ਵੀ ਆਪਣਾ ਸੀਸ ਅੱਲਾਹ ਦੇ ਅੱਗੇ ਝੁਕਾ ਦਿੱਤਾ ਹੈ। ਤੁਸੀਂ ਅਹਲੇ ਕਿਤਾਬ (ਯਹੂਦੀ ਅਤੇ ਈਸਾਈ) ਅਤੇ ਅਨਪੜ੍ਹ (ਕਾਫ਼ਿਰ ਅਤੇ ਮੁਸ਼ਰਿਕ) ਲੋਕਾਂ ਨੂੰ ਪੁੱਛੋ ਕੀ ਤੁਸੀਂ ਇਸਲਾਮ ਕਬੂਲ ਕਰਦੇ ਹੋ? ਜੇ ਉਹ ਇਸਲਾਮ ਕਬੂਲ ਕਰ ਲੈਣ ਤਾਂ ਉਹਨਾਂ ਨੂੰ ਹਿਦਾਇਤ ਮਿਲ ਜਾਵੇਗੀ। ਜੇ ਉਹ ਮੂੰਹ ਮੋੜਨਗੇ ਤਾਂ (ਕੋਈ ਗੱਲ ਨਹੀਂ) ਤੁਹਾਡੇ ਜ਼ਿੰਮੇਂ ਤਾਂ ਕੇਵਲ ਰੱਬੀ ਪੈਗ਼ਾਮ ਪਹੁੰਚਾਉਣ ਦੀ ਹੀ ਜ਼ਿੰਮੇਵਾਰੀ ਹੈ। ਅੱਲਾਹ ਆਪਣੇ ਬੰਦਿਆਂ ਨੂੰ ਚੰਗੀ ਤਰ੍ਹਾਂ ਵੇਖਦਾ ਹੈ।

فَإِنْ حَاجُّوكَ فَقُلْ أَسْلَمْتُ وَجْهِيَ لِلَّهِ وَمَنِ
اتَّبَعَنِ ۗ وَقُل لِّلَّذِينَ أُوتُوا الْكِتَابَ وَالْأُمِّيِّينَ
أَأَسْلَمْتُمْ ۚ فَإِنْ أَسْلَمُوا فَقَدِ اهْتَدَوا ۖ وَّإِن تَوَلَّوْا
فَإِنَّمَا عَلَيْكَ الْبَلَاغُ ۗ وَاللَّهُ بَصِيرٌ بِالْعِبَادِ ﴿٢٠﴾

21. ਬੇਸ਼ੱਕ ਜਿਹੜੇ ਵੀ ਅੱਲਾਹ ਦੀਆਂ ਆਇਤਾਂ (ਕੁਰਆਨ) ਦਾ ਇਨਕਾਰ ਕਰਦੇ ਹਨ, ਨਬੀਆਂ ਨੂੰ ਨਾ-ਹੱਕਾ ਕਤਲ ਕਰਦੇ ਹਨ ਅਤੇ ਉਹਨਾਂ ਲੋਕਾਂ ਨੂੰ ਵੀ (ਨਾ-ਹੱਕਾ) ਕਤਲ ਕਰਦੇ ਹਨ ਜਿਹੜੇ ਹੱਕ ਇਨਸਾਫ਼ ਦੀਆਂ ਗੱਲਾਂ ਕਰਦੇ ਹਨ ਤਾਂ ਤੁਸੀਂ (ਹੇ ਨਬੀ!) ਉਹਨਾਂ (ਜ਼ਾਲਮਾਂ) ਨੂੰ ਦੁਖਦਾਈ ਅਜ਼ਾਬ ਦੀ ਖ਼ੁਸ਼ਖ਼ਬਰੀ ਸੁਣਾ ਦਿਓ।

إِنَّ الَّذِينَ يَكْفُرُونَ بِآيَاتِ اللَّهِ وَيَقْتُلُونَ
النَّبِيِّينَ بِغَيْرِ حَقٍّ وَيَقْتُلُونَ الَّذِينَ يَأْمُرُونَ
بِالْقِسْطِ مِنَ النَّاسِ فَبَشِّرْهُم بِعَذَابٍ أَلِيمٍ ﴿٢١﴾

22. ਇਹ ਉਹ ਲੋਕ ਹਨ ਜਿਨ੍ਹਾਂ ਦੇ ਅਮਲ ਦੁਨੀਆਂ ਤੇ ਆਖ਼ਿਰਤ ਵਿਚ ਬਰਬਾਦ ਹੋ ਗਏ ਅਤੇ ਉਹਨਾਂ ਦੀ ਕੋਈ ਮਦਦ ਕਰਨ ਵਾਲਾ ਵੀ ਨਹੀਂ ਹੈ।

أُولَٰئِكَ الَّذِينَ حَبِطَتْ أَعْمَالُهُمْ فِي الدُّنْيَا
وَالْآخِرَةِ وَمَا لَهُم مِّن نَّاصِرِينَ ﴿٢٢﴾

23. ਕੀ ਤੁਸੀਂ ਉਹਨਾਂ ਲੋਕਾਂ (ਦੇ ਵਤੀਰੇ) ਨੂੰ ਨਹੀਂ ਵੇਖਿਆ, ਜਿਨ੍ਹਾਂ ਨੂੰ ਕਿਤਾਬ ਦੇ ਗਿਆਨ ਵਿੱਚੋਂ ਕੁੱਝ ਭਾਗ ਮਿਲਿਆ ਸੀ। ਉਹਨਾਂ ਨੂੰ ਕਿਤਾਬ ਵੱਲ ਬੁਲਾਇਆ ਜਾਂਦਾ ਹੈ ਤਾਂ ਜੋ ਉਹਨਾਂ ਦੇ ਵਿਚਾਲੇ (ਮਤਭੇਦਾਂ ਦਾ) ਫ਼ੈਸਲਾ ਕੀਤਾ ਜਾ ਸਕੇ ਤਾਂ ਇਕ ਧਿਰ ਇਸ ਤੋਂ ਕੰਨੀ ਕਤਰਾਉਂਦਾ ਹੈ, ਉਹ ਸੱਚਾਈ ਤੋਂ ਮੂੰਹ ਮੋੜ ਲੈਂਦੇ ਹਨ।

أَلَمْ تَرَ إِلَى الَّذِينَ أُوتُوا نَصِيبًا مِّنَ الْكِتَابِ
يُدْعَوْنَ إِلَىٰ كِتَابِ اللَّهِ لِيَحْكُمَ بَيْنَهُمْ ثُمَّ
يَتَوَلَّىٰ فَرِيقٌ مِّنْهُمْ وَهُم مُّعْرِضُونَ ﴿23﴾

24. ਇਸ ਦਾ ਕਾਰਨ ਇਹ ਹੈ ਕਿ ਉਹਨਾਂ ਦਾ ਇਹ ਕਹਿਣਾ ਹੈ ਕਿ (ਜੇਕਰ ਸਾਨੂੰ ਨਰਕ ਵਿਚ ਜਾਣਾ ਵੀ ਪਿਆ ਤਾਂ) ਸਾਨੂੰ ਨਰਕ ਦੀ ਅੱਗ ਕੁੱਝ ਦਿਨ ਹੀ ਛੂਹੇਗੀ। ਉਹਨਾਂ ਦੀਆਂ ਇਹੋ ਮਨਘੜ੍ਹ ਗੱਲਾਂ ਨੇ ਉਹਨਾਂ ਨੂੰ ਆਪਣੇ ਧਰਮ ਪ੍ਰਤੀ ਬਹੁਤ ਭੁਲੇਖਿਆਂ ਵਿਚ ਪਾ ਛੱਡਿਆ ਹੈ।

ذَٰلِكَ بِأَنَّهُمْ قَالُوا لَن تَمَسَّنَا النَّارُ إِلَّا أَيَّامًا
مَّعْدُودَاتٍ ۖ وَغَرَّهُمْ فِي دِينِهِم مَّا كَانُوا
يَفْتَرُونَ ﴿24﴾

25. ਫੇਰ ਕੀ ਹਾਲ ਹੋਵੇਗਾ ਜਦੋਂ ਉਹਨਾਂ ਨੂੰ ਉਸ (ਕਿਆਮਤ ਵਾਲੇ) ਦਿਨ ਇਕੱਠਾ ਕਰਾਂਗੇ ਜਿਸ ਦੇ ਆਉਣ ਵਿਚ ਕੋਈ ਸ਼ੱਕ ਨਹੀਂ ਅਤੇ (ਉਸ ਦਿਨ) ਹਰ ਵਿਅਕਤੀ ਨੂੰ ਉਹ ਦੇ ਕੀਤੇ ਅਮਲਾਂ ਦਾ ਪੂਰਾ ਪੂਰਾ ਬਦਲਾ ਦਿੱਤਾ ਜਾਵੇਗਾ ਅਤੇ ਉਹਨਾਂ 'ਤੇ ਉੱਕਾ ਹੀ ਵਧੀਕੀ ਨਹੀਂ ਕੀਤੀ ਜਾਵੇਗੀ।

فَكَيْفَ إِذَا جَمَعْنَاهُمْ لِيَوْمٍ لَّا رَيْبَ فِيهِ وَوُفِّيَتْ
كُلُّ نَفْسٍ مَّا كَسَبَتْ وَهُمْ لَا يُظْلَمُونَ ﴿25﴾

26. ਹੇ ਨਬੀ! ਤੁਸੀਂ ਆਖੋ ਕਿ ਹੇ ਮੇਰੇ ਰੱਬਾ। ਤੂੰ ਜਿਸ ਨੂੰ ਚਾਹੇ ਬਾਦਸ਼ਾਹੀ ਦਿੰਦਾ ਹੈ ਅਤੇ ਜਿਸ ਤੋਂ ਚਾਹੇ ਖੋਹ ਲੈਂਦਾ ਹੈ ਅਤੇ ਤੂੰ ਜਿਸ ਨੂੰ ਚਾਹੇ ਇੱਜ਼ਤ ਦਿੰਦਾ ਹੈ ਅਤੇ ਜਿਸ ਨੂੰ ਚਾਹੇ ਰੁਸਵਾ ਕਰ ਦਿੰਦਾ ਹੈ। ਸਭ ਤਰ੍ਹਾਂ ਦੀਆਂ ਭਲਾਈਆਂ ਤੇਰੇ ਹੀ ਹੱਥ ਵਿਚ ਹਨ, ਬੇਸ਼ੱਕ ਹਰ ਚੀਜ਼ ਤੇਰੇ ਹੀ ਕਬਜ਼ੇ ਵਿਚ ਹੈ।

قُلِ اللَّهُمَّ مَالِكَ الْمُلْكِ تُؤْتِي الْمُلْكَ مَن تَشَاءُ
وَتَنزِعُ الْمُلْكَ مِمَّن تَشَاءُ وَتُعِزُّ مَن تَشَاءُ
وَتُذِلُّ مَن تَشَاءُ ۖ بِيَدِكَ الْخَيْرُ ۖ إِنَّكَ عَلَىٰ
كُلِّ شَيْءٍ قَدِيرٌ ﴿26﴾

تُولِجُ الَّيْلَ فِي النَّهَارِ وَتُولِجُ النَّهَارَ فِي الَّيْلِ
وَتُخْرِجُ الْحَيَّ مِنَ الْمَيِّتِ وَتُخْرِجُ الْمَيِّتَ مِنَ
الْحَيِّ وَتَرْزُقُ مَن تَشَاءُ بِغَيْرِ حِسَابٍ ﴿٢٧﴾

27. ਤੂੰ ਹੀ ਰਾਤ ਨੂੰ ਦਿਨ ਵਿਚ ਅਤੇ ਦਿਨ ਨੂੰ ਰਾਤ ਵਿਚ ਦਾਖ਼ਲ ਕਰਦਾ ਹੈਂ, ਤੂੰ ਹੀ ਬੇਜਾਨ ਚੀਜ਼ਾਂ ਵਿੱਚੋਂ ਜਾਨਦਾਰ ਚੀਜ਼ਾਂ ਨੂੰ ਅਤੇ ਜਾਨਦਾਰ ਚੀਜ਼ਾਂ ਵਿੱਚੋਂ ਬੇਜਾਨ ਚੀਜ਼ਾਂ ਕੱਢਦਾ ਹੈਂ। ਤੂੰ ਜਿਸ ਨੂੰ ਚਾਹੁੰਦਾ ਹੈਂ ਬੇ ਹਿਸਾਬ ਰਿਜ਼ਕ (ਧੰਨ ਦੌਲਤ, ਇੱਜ਼ਤ, ਆਬਰੂ, ਸੰਤਾਨ ਆਦਿ) ਦਿੰਦਾ ਹੈਂ।

لَا يَتَّخِذِ الْمُؤْمِنُونَ الْكَافِرِينَ أَوْلِيَاءَ مِن دُونِ
الْمُؤْمِنِينَ ۖ وَمَن يَفْعَلْ ذَٰلِكَ فَلَيْسَ مِنَ اللَّهِ
فِي شَيْءٍ إِلَّا أَن تَتَّقُوا مِنْهُمْ تُقَاةً ۗ
وَيُحَذِّرُكُمُ اللَّهُ نَفْسَهُ ۗ وَإِلَى اللَّهِ الْمَصِيرُ ﴿٢٨﴾

28. ਮੋਮਿਨਾਂ ਨੂੰ ਚਾਹੀਦਾ ਹੈ ਕਿ ਈਮਾਨ ਵਾਲਿਆਂ ਨੂੰ ਛੱਡ ਕੇ ਕਾਫ਼ਿਰਾਂ ਨੂੰ ਆਪਣਾ ਦੋਸਤ (ਰਾਜ਼ਦਾਰ) ਨਾ ਬਣਾਉਣ ਅਤੇ ਜੋ ਵੀ ਇੰਜ ਕਰੇਗਾ ਫੇਰ ਅੱਲਾਹ ਦਾ ਉਸ ਨਾਲ ਕੋਈ ਸੰਬੰਧ ਨਹੀਂ। ਹਾਂ! ਉਸ ਸਮੇਂ ਮੁਆਫ਼ੀ ਹੈ ਜਦੋਂ ਤੁਹਾਨੂੰ ਉਹਨਾਂ ਦੀਆਂ ਸ਼ਰਾਰਤਾਂ ਤੋਂ ਬਚਾਓ ਕਰਨਾ ਹੋਵੇ (ਤਾਂ ਦੋਸਤੀ ਕਰ ਸਕਦੇ ਹੋ) ਅੱਲਾਹ ਤੁਹਾਨੂੰ ਆਪਣੀ ਜ਼ਾਤ ਤੋਂ ਡਰਾ ਰਿਹਾ ਹੈ[1] ਅਤੇ ਤੁਸੀਂ ਪਰਤ ਕੇ ਅੱਲਾਹ ਵੱਲ ਹੀ ਜਾਣਾ ਹੈ।

قُلْ إِن تُخْفُوا مَا فِي صُدُورِكُمْ أَوْ تُبْدُوهُ يَعْلَمْهُ
اللَّهُ ۗ وَيَعْلَمُ مَا فِي السَّمَاوَاتِ وَمَا فِي الْأَرْضِ ۗ
وَاللَّهُ عَلَىٰ كُلِّ شَيْءٍ قَدِيرٌ ﴿٢٩﴾

29. (ਹੇ ਨਬੀ!) ਤੁਸੀਂ ਕਹਿ ਦਿਓ ਕਿ ਭਾਵੇਂ ਤੁਸੀਂ ਆਪਣੇ ਦਿਲ ਦੀ ਗੱਲ ਨੂੰ ਲੁਕਾਵੋ ਭਾਵੇਂ ਜ਼ਾਹਰ ਕਰੋ, ਅੱਲਾਹ ਸਭ ਕੁੱਝ ਜਾਣਦਾ ਹੈ। ਅਕਾਸ਼ਾਂ ਤੇ ਧਰਤੀ ਵਿਚ ਜੋ ਕੁੱਝ ਹੈ ਉਹ ਉਸ ਨੂੰ ਵੀ ਜਾਣਦਾ ਹੈ ਅਤੇ ਹਰੇਕ ਚੀਜ਼ ਅੱਲਾਹ ਦੇ ਕਾਬੂ ਵਿਚ ਹੈ।

---

[1] ਅਤੇ ਅੱਲਾਹ ਦਾ ਇਹ ਬਿਆਨ ਹੈ ਕਿ ਉਹ ਤੁਹਾਨੂੰ ਆਪਣੀ ਜ਼ਾਤ ਤੋਂ ਡਰਾਉਂਦਾ ਹੈ ਭਾਵ ਆਪਣੀ ਸਜ਼ਾ ਤੋਂ, ਨਬੀ ਕਰੀਮ ਸ: ਨੇ ਫ਼ਰਮਾਇਆ ਅੱਲਾਹ ਤੋਂ ਵੱਧ ਕੇ ਕੋਈ ਗ਼ੈਰਤਮੰਦ ਨਹੀਂ ਹੈ ਇਸੇ ਲਈ ਉਸ ਨੇ ਅਸ਼ਲੀਲਤਾ ਵਾਲੇ ਸਾਰੇ ਕੰਮਾਂ ਨੂੰ ਹਰਾਮ ਕੀਤਾ ਹੈ ਅਤੇ ਅੱਲਾਹ ਤੋਂ ਵੱਧ ਕੇ ਕੋਈ ਅਜਿਹਾ ਵੀ ਨਹੀਂ ਜਿਹੜਾ ਇਹ ਪਸੰਦ ਕਰਦਾ ਹੋਵੇ ਕਿ ਉਸ ਦੀ ਸ਼ਲਾਘਾ ਕੀਤੀ ਜਾਵੇ ਭਾਵ ਅੱਲਾਹ ਇਸ ਨੂੰ ਬਹੁਤ ਪਸੰਦ ਕਰਦਾ ਹੈ ਕਿ ਵੱਧ ਤੋਂ ਵੱਧ ਉਸ ਦੀ ਪ੍ਰਸ਼ੰਸਾ ਕੀਤੀ ਜਾਵੇ। (ਸਹੀ ਬੁਖ਼ਾਰੀ, ਹਦੀਸ: 7403)

8

30. ਜਦੋਂ (ਕਿਆਮਤ ਦਿਹਾੜੇ) ਹਰ ਕੋਈ ਆਪਣੀਆਂ ਕੀਤੀਆਂ ਹੋਈਆਂ ਨੇਕੀਆਂ ਤੇ ਗੁਨਾਹਾਂ ਨੂੰ ਆਪਣੇ ਸਾਹਮਣੇ ਹਾਜ਼ਰ ਵੇਖੇਗਾ ਤਾਂ ਉਹ ਇੱਛਾ ਕਰੇਗਾ ਕਿ ਕਾਸ਼ ਉਸ ਦੇ ਅਤੇ ਉਸ ਦੀਆਂ ਬੁਰਾਈਆਂ ਵਿਚਾਲੇ ਦੂਰੀ ਹੋ ਜਾਵੇ। ਅੱਲਾਹ ਤੁਹਾਨੂੰ ਆਪਣੀ ਜ਼ਾਤ ਤੋਂ ਡਰਾ ਰਿਹਾ ਹੈ ਅਤੇ ਅੱਲਾਹ ਆਪਣੇ ਬੰਦਿਆਂ 'ਤੇ ਬੜਾ ਹੀ ਦਿਆਲੂ ਹੈ।

يَوْمَ تَجِدُ كُلُّ نَفْسٍ مَّا عَمِلَتْ مِنْ خَيْرٍ
مُّحْضَرًا ۚ وَمَا عَمِلَتْ مِن سُوٓءٍ ۚ تَوَدُّ لَوْ
أَنَّ بَيْنَهَا وَبَيْنَهُۥٓ أَمَدًۢا بَعِيدًا ۗ وَيُحَذِّرُكُمُ
ٱللَّهُ نَفْسَهُۥ ۗ وَٱللَّهُ رَءُوفٌۢ بِٱلْعِبَادِ (30)

31. (ਹੇ ਨਬੀ!) ਕਹਿ ਦਿਓ ਕਿ ਜੇ ਤੁਸੀਂ ਅੱਲਾਹ ਨਾਲ ਮੁਹੱਬਤ ਰੱਖਦੇ ਹੋ ਤਾਂ ਮੇਰੀ ਤਾਬੇਦਾਰੀ ਕਰੋ ਅੱਲਾਹ ਤੁਹਾਡੇ ਨਾਲ ਮੁਹੱਬਤ ਕਰੇਗਾ ਅਤੇ ਤੁਹਾਡੇ ਗੁਨਾਹਾਂ ਨੂੰ ਵੀ ਮੁਆਫ਼ ਕਰ ਦੇਵੇਗਾ। ਅੱਲਾਹ ਵੱਡਾ ਬਖ਼ਸ਼ਣਹਾਰ ਤੇ ਬਹੁਤ ਹੀ ਮਿਹਰਬਾਨ ਹੈ।

قُلْ إِن كُنتُمْ تُحِبُّونَ ٱللَّهَ فَٱتَّبِعُونِى يُحْبِبْكُمُ ٱللَّهُ
وَيَغْفِرْ لَكُمْ ذُنُوبَكُمْ ۗ وَٱللَّهُ غَفُورٌ رَّحِيمٌ (31)

32. (ਹੇ ਨਬੀ!) ਕਹਿ ਦਿਓ ਕਿ ਤੁਸੀਂ ਅੱਲਾਹ ਅਤੇ ਉਸ ਦੇ ਰਸੂਲ ਦੀ ਤਾਬੇਦਾਰੀ ਕਰੋ, ਜੇ ਉਹ ਗੱਲ ਨਹੀਂ ਮੰਨਦੇ ਤਾਂ ਅੱਲਾਹ ਵੀ ਕਾਫ਼ਿਰਾਂ ਨੂੰ ਪਸੰਦ ਨਹੀਂ ਕਰਦਾ।

قُلْ أَطِيعُوا۟ ٱللَّهَ وَٱلرَّسُولَ ۖ فَإِن تَوَلَّوْا۟ فَإِنَّ ٱللَّهَ
لَا يُحِبُّ ٱلْكَٰفِرِينَ (32)

33. ਬੇਸ਼ੱਕ ਅੱਲਾਹ ਨੇ ਸੰਸਾਰ ਦੇ ਸਾਰੇ ਲੋਕਾਂ ਵਿੱਚੋਂ ਆਦਮ, ਨੂਹ, ਇਬਰਾਹੀਮ ਅਤੇ ਇਮਰਾਨ ਦੇ ਘਰਾਣਿਆਂ ਨੂੰ (ਨਬੀ ਬਣਾਉਣ ਲਈ) ਚੁਣ ਲਿਆ ਹੈ।

إِنَّ ٱللَّهَ ٱصْطَفَىٰٓ ءَادَمَ وَنُوحًا وَءَالَ إِبْرَٰهِيمَ
وَءَالَ عِمْرَٰنَ عَلَى ٱلْعَٰلَمِينَ (33)

34. ਇਹ ਸਾਰੇ ਇੱਕ ਦੂਜੇ ਦੀ ਨਸਲ ਵਿੱਚੋਂ ਸਨ ਅੱਲਾਹ ਸਭ ਕੁੱਝ ਸੁਣਦਾ ਹੈ (ਕਿ ਕਾਫ਼ਿਰ ਤੁਹਾਡੇ ਨਬੀ ਹੋਣ ਤੋਂ ਇਨਕਾਰ ਕਰਦੇ ਹਨ) ਅਤੇ ਜਾਣਦਾ ਹੈ (ਕਿ ਉਹ ਕੇਵਲ ਈਰਖਾ ਕਾਰਨ ਹੀ ਅਜਿਹਾ ਕਰਦੇ ਹਨ)।

ذُرِّيَّةًۢ بَعْضُهَا مِنۢ بَعْضٍ ۗ وَٱللَّهُ سَمِيعٌ
عَلِيمٌ (34)

35. (ਅੱਲਾਹ ਉਸ ਵੇਲੇ ਵੀ ਸੁਣਦਾ ਸੀ) ਜਦੋਂ ਇਮਰਾਨ ਦੀ ਪਤਨੀ ਆਖ ਰਹੀ ਸੀ ਕਿ ਹੇ ਮੇਰੇ ਰੱਬ! ਮੇਰੇ ਗਰਭ ਵਿਚ ਜੋ (ਬਾਲ) ਹੈ, ਮੈਂ ਉਸ ਨੂੰ ਤੇਰੇ ਨਾਂ 'ਤੇ ਵਕਫ਼ ਕਰਨ ਦੀ ਸੁੱਖ ਸੁੱਖੀ ਹੈ, ਤੂੰ ਇਸ ਨੂੰ ਕਬੂਲ ਕਰ ਲੈ। ਬੇਸ਼ੱਕ ਤੂੰ ਹੀ ਸੁਣਨ ਵਾਲਾ ਅਤੇ (ਮਨ ਦੀ) ਹਾਲਤ ਨੂੰ ਜਾਣਨ ਵਾਲਾ ਹੈਂ।

إِذْ قَالَتِ امْرَأَتُ عِمْرَانَ رَبِّ إِنِّي نَذَرْتُ
لَكَ مَا فِي بَطْنِي مُحَرَّرًا فَتَقَبَّلْ مِنِّي ۖ
إِنَّكَ أَنتَ السَّمِيعُ الْعَلِيمُ ﴿٣٥﴾

36. ਜਦੋਂ ਉਸ (ਇਮਰਾਨ ਦੀ ਪਤਨੀ ਨੇ) ਧੀ ਨੂੰ ਜਨਮ ਦਿੱਤਾ ਤਾਂ ਕਹਿਣ ਲੱਗੀ ਕਿ ਹੇ ਪਾਲਣਹਾਰ! ਮੈਂ ਤਾਂ ਧੀ ਜਨਮੀ ਹੈ ਅੱਲਾਹ ਨੂੰ ਸਭ ਪਤਾ ਸੀ ਜੋ ਉਸ ਨੇ ਜਣਿਆ ਸੀ (ਅਤੇ ਕਿਹਾ ਕਿ) ਪੁੱਤਰ ਧੀ ਜਿਹਾ ਨਹੀਂ ਹੁੰਦਾ। ਮੈਂ ਇਸ ਦਾ ਨਾਂ ਮਰੀਅਮ* ਰੱਖਿਆ ਹੈ। ਬੇਸ਼ੱਕ ਮੈਂ ਇਸ ਨੂੰ ਅਤੇ ਇਸ ਦੀ ਆਉਣ ਵਾਲੀ ਪੀੜ੍ਹੀ ਨੂੰ ਸ਼ੈਤਾਨ ਮਰਦੂਦ ਤੋਂ ਬਚਣ ਲਈ ਤੇਰੀ ਸ਼ਰਨ ਵਿਚ ਦਿੰਦੀ ਹਾਂ।

فَلَمَّا وَضَعَتْهَا قَالَتْ رَبِّ إِنِّي وَضَعْتُهَا أُنثَىٰ
وَاللَّهُ أَعْلَمُ بِمَا وَضَعَتْ وَلَيْسَ الذَّكَرُ
كَالْأُنثَىٰ ۖ وَإِنِّي سَمَّيْتُهَا مَرْيَمَ وَإِنِّي أُعِيذُهَا بِكَ
وَذُرِّيَّتَهَا مِنَ الشَّيْطَانِ الرَّجِيمِ ﴿٣٦﴾

37. ਉਸ (ਲੜਕੀ) ਨੂੰ ਉਸ ਦੇ ਪਾਲਣਹਾਰ ਨੇ ਖ਼ੁਸ਼ੀ ਨਾਲ ਕਬੂਲ ਕਰ ਲਿਆ ਅਤੇ ਚੰਗੀ ਤਰ੍ਹਾਂ ਉਸ ਦਾ ਪਾਲਣ ਪੋਸ਼ਣ ਕੀਤਾ ਅਤੇ ਉਸ ਦਾ ਸਰਪ੍ਰਸਤ ਜ਼ਕਰੀਆ ਨੂੰ ਬਣਾਇਆ। ਜਦੋਂ ਕਦੇ ਜ਼ਕਰੀਆ ਉਸ ਦੇ ਕਮਰੇ ਵਿਚ ਜਾਂਦਾ ਤਾਂ ਉਸ ਦੇ ਕੋਲ ਖਾਣ ਪੀਣ ਦੀਆਂ ਚੀਜ਼ਾਂ ਵੇਖਦਾ। ਉਹ ਪੁੱਛਦਾ ਕਿ ਹੇ ਮਰੀਅਮ! ਇਹ ਰੋਜ਼ੀ ਤੇਰੇ ਕੋਲ ਕਿਥੋਂ ਆਉਂਦੀ ਹੈ, ਉਹ ਜਵਾਬ ਦਿੰਦੀ ਕਿ ਇਹ ਰੱਬ ਵੱਲੋਂ ਆਉਂਦੀ ਹੈ। ਬੇਸ਼ੱਕ ਅੱਲਾਹ ਜਿਸ ਨੂੰ ਚਾਹੇ ਬੇਹਿਸਾਬ ਰੋਜ਼ੀ ਦਿੰਦਾ ਹੈ।

فَتَقَبَّلَهَا رَبُّهَا بِقَبُولٍ حَسَنٍ وَأَنبَتَهَا نَبَاتًا
حَسَنًا وَكَفَّلَهَا زَكَرِيَّا ۖ كُلَّمَا دَخَلَ عَلَيْهَا زَكَرِيَّا
الْمِحْرَابَ وَجَدَ عِندَهَا رِزْقًا ۖ قَالَ يَا مَرْيَمُ أَنَّىٰ
لَكِ هَٰذَا ۖ قَالَتْ هُوَ مِنْ عِندِ اللَّهِ ۖ إِنَّ اللَّهَ
يَرْزُقُ مَن يَشَاءُ بِغَيْرِ حِسَابٍ ﴿٣٧﴾

* ਮਰੀਅਮ ਦਾ ਸਹੀ ਅਰਥ ਹੈ ਅੱਲਾਹ ਦੀ ਬੰਦੀ ਅਤੇ ਉਸ ਦੀ ਸੇਵਾਦਾਰ ਹੈ।

38. ਉਸੇ ਥਾਂ ਜ਼ਕਰੀਆ ਨੇ ਆਪਣੇ ਰੱਬ ਤੋਂ ਦੁਆ ਕੀਤੀ ਕਿ ਹੇ ਮੇਰੇ ਪਾਲਣਹਾਰ। ਮੈਨੂੰ ਆਪਣੇ ਵੱਲੋਂ ਨੇਕ ਔਲਾਦ ਦੀ ਬਖ਼ਸ਼ਿਸ਼ ਕਰ, ਬੇਸ਼ੱਕ ਤੂੰ ਹੀ ਦੁਆਵਾਂ ਨੂੰ ਸੁਣਨ ਵਾਲਾ ਹੈਂ।

هُنَالِكَ دَعَا زَكَرِيَّا رَبَّهُ ۖ قَالَ رَبِّ هَبْ لِي مِن
لَّدُنكَ ذُرِّيَّةً طَيِّبَةً ۖ إِنَّكَ سَمِيعُ الدُّعَاءِ ﴿٣٨﴾

39. ਜਦੋਂ ਉਹ (ਜ਼ਕਰੀਆ) ਕਮਰੇ ਵਿਚ ਖੜ੍ਹਾ ਨਮਾਜ਼ ਪੜ੍ਹ ਰਿਹਾ ਸੀ ਤਾਂ ਫ਼ਰਿਸ਼ਤਿਆਂ ਨੇ ਉਸ ਨੂੰ ਆਵਾਜ਼ ਦਿੱਤੀ ਕਿ ਅੱਲਾਹ ਤੁਹਾਨੂੰ ਯਾਹੀਯਾ (ਨਾਂ ਦੇ ਪੁੱਤਰ) ਦੀ ਖ਼ੁਸ਼ਖ਼ਬਰੀ ਦਿੰਦਾ ਹੈ ਜੋ ਅੱਲਾਹ ਦੇ ਕਲਮੇ (ਈਸਾ) ਦੀ ਪੁਸ਼ਟੀ ਕਰੇਗਾ, ਉਸ ਵਿਚ ਸਰਦਾਰੀ ਹੋਵੇਗੀ, ਸੰਪੂਰਨ ਸੰਜਮ ਹੋਵੇਗਾ, ਅਤੇ ਨੇਕ ਲੋਕਾਂ ਵਿੱਚੋਂ ਹੋਵੇਗਾ।

فَنَادَتْهُ الْمَلَائِكَةُ وَهُوَ قَائِمٌ يُصَلِّي فِي الْمِحْرَابِ
أَنَّ اللَّهَ يُبَشِّرُكَ بِيَحْيَىٰ مُصَدِّقًا بِكَلِمَةٍ مِّنَ
اللَّهِ وَسَيِّدًا وَحَصُورًا وَنَبِيًّا مِّنَ الصَّالِحِينَ ﴿٣٩﴾

40. ਜ਼ਕਰੀਆ (ਜੋ ਕਿ ਰੱਬ ਦਾ ਇਕ ਨਬੀ ਸੀ) ਹੈਰਾਨ ਹੋ ਕੇ ਆਖਣ ਲੱਗਾ ਕਿ ਹੇ ਮੇਰੇ ਰੱਬ। ਮੇਰੇ ਘਰ ਬੱਚਾ ਕਿਵੇਂ ਪੈਦਾ ਹੋਵੇਗਾ? ਮੈਂ ਤਾਂ ਬਹੁਤ ਬਿਰਧ ਹੋ ਗਿਆ ਹਾਂ ਅਤੇ ਮੇਰੀ ਪਤਨੀ ਵੀ ਬਾਂਝ ਹੈ? ਤਾਂ ਫ਼ਰਿਸ਼ਤੇ ਨੇ ਕਿਹਾ ਕਿ ਅੱਲਾਹ ਜੋ ਚਾਹੁੰਦਾ ਹੈ ਕਰਦਾ ਹੈ।

قَالَ رَبِّ أَنَّىٰ يَكُونُ لِي غُلَامٌ وَقَدْ بَلَغَنِيَ
الْكِبَرُ وَامْرَأَتِي عَاقِرٌ ۖ قَالَ كَذَٰلِكَ اللَّهُ
يَفْعَلُ مَا يَشَاءُ ﴿٤٠﴾

41. ਜ਼ਕਰੀਆ ਨੇ ਬੇਨਤੀ ਕੀਤੀ ਕਿ ਹੇ ਮੇਰੇ ਰੱਬਾ ਮੇਰੇ ਲਈ ਕੋਈ ਨਿਸ਼ਾਨੀ ਨਿਯਤ ਕਰ ਦੇ। ਅੱਲਾਹ ਨੇ ਕਿਹਾ ਕਿ ਤੂੰ ਤਿੰਨ ਦਿਨਾਂ ਤਕ ਲੋਕਾਂ ਨਾਲ ਗੱਲ ਬਾਤ ਨਹੀਂ ਕਰੇਂਗਾ ਕੇਵਲ ਇਸ਼ਾਰਿਆਂ ਨਾਲ ਹੀ (ਆਪਣੀ ਗੱਲ ਲੋਕਾਂ ਨੂੰ) ਸਮਝਾਵੇਂਗਾ। ਤੂੰ ਆਪਣੇ ਰੱਬ ਦਾ ਨਾਂ ਵੱਧ ਤੋਂ ਵੱਧ ਯਾਦ ਕਰ ਅਤੇ ਸਵੇਰੇ ਸ਼ਾਮ (ਭਾਵ ਹਰ ਵੇਲੇ) ਉਸ ਦੀ ਹੀ ਤਸਬੀਹ ਕਰ।

قَالَ رَبِّ اجْعَل لِّي آيَةً ۖ قَالَ آيَتُكَ أَلَّا تُكَلِّمَ
النَّاسَ ثَلَاثَةَ أَيَّامٍ إِلَّا رَمْزًا ۗ وَاذْكُر رَّبَّكَ
كَثِيرًا وَسَبِّحْ بِالْعَشِيِّ وَالْإِبْكَارِ ﴿٤١﴾

42 ਜਦੋਂ ਫ਼ਰਿਸ਼ਤਿਆਂ ਨੇ ਕਿਹਾ ਕਿ ਹੇ ਮਰੀਅਮ। ਅੱਲਾਹ ਨੇ ਤੈਨੂੰ ਵਡਿਆਈ ਤੇ ਪਵਿੱਤਰਤਾ ਬਖ਼ਸ਼ੀ ਹੈ ਅਤੇ ਸਾਰੀ ਦੁਨੀਆਂ ਦੀਆਂ ਔਰਤਾਂ ਵਿੱਚੋਂ ਆਪਣੀ ਸੇਵਾ ਲਈ ਤੇਰੀ ਚੋਣ ਕੀਤੀ ਹੈ।

وَإِذْ قَالَتِ الْمَلَائِكَةُ يَا مَرْيَمُ إِنَّ اللَّهَ اصْطَفَاكِ
وَطَهَّرَكِ وَاصْطَفَاكِ عَلَىٰ نِسَاءِ الْعَالَمِينَ ﴿٤٢﴾

43. ਹੇ ਮਰੀਅਮ। ਤੂੰ ਆਪਣੇ ਰੱਬ ਦੀ ਆਗਿਆਕਾਰੀ ਬਣ ਕੇ ਰਹਿ ਅਤੇ ਉਸੇ ਨੂੰ ਸਿਜਦਾ ਕਰ ਅਤੇ ਉਸੇ ਦੇ ਅੱਗੇ ਝੁਕਣ ਵਾਲਿਆਂ ਨਾਲ ਮਿਲਕੇ ਝੁਕਦੀ ਰਹਿ।

يَـٰمَرْيَمُ ٱقْنُتِى لِرَبِّكِ وَٱسْجُدِى وَٱرْكَعِى
مَعَ ٱلرَّٰكِعِينَ ٤٣

44. (ਹੇ ਨਬੀ !) ਇਹ ਸਾਰੀਆਂ ਗ਼ੈਬ ਦੀਆਂ ਖ਼ਬਰਾਂ ਹਨ ਜਿਨ੍ਹਾਂ ਨੂੰ ਅਸੀਂ ਵਹੀ ਦੁਆਰਾ ਤੁਹਾਨੂੰ ਦੱਸ ਰਹੇ ਹਾਂ। ਤੁਸੀਂ ਉਸ ਸਮੇਂ ਉਹਨਾਂ ਦੇ ਕੋਲ ਮੌਜੂਦ ਨਹੀਂ ਸੀ ਜਦੋਂ ਕਿ ਉਹ (ਹੈਕਲ ਦੇ ਸੇਵਾਦਾਰ) ਇਹ ਫ਼ੈਸਲਾ ਕਰਨ ਲਈ ਆਪਣੀਆਂ ਕਲਮਾਂ ਸੁੱਟ ਰਹੇ ਸੀ ਕਿ ਮਰੀਅਮ ਦਾ ਵਾਲੀ-ਵਾਰਿਸ ਕੌਣ ਹੋਵੇਗਾ ਅਤੇ ਨਾ ਹੀ ਤੁਸੀਂ ਉਸ ਸਮੇਂ ਹਾਜ਼ਰ ਸੀ ਜਦੋਂ ਉਹ ਆਪਸ ਵਿਚ ਝਗੜ ਰਹੇ ਸਨ।

ذَٰلِكَ مِنْ أَنۢبَآءِ ٱلْغَيْبِ نُوحِيهِ إِلَيْكَ ۚ وَمَا كُنتَ
لَدَيْهِمْ إِذْ يُلْقُونَ أَقْلَـٰمَهُمْ أَيُّهُمْ يَكْفُلُ
مَرْيَمَ وَمَا كُنتَ لَدَيْهِمْ إِذْ يَخْتَصِمُونَ ٤٤

45 ਜਦੋਂ ਫ਼ਰਿਸ਼ਤਿਆਂ ਨੇ ਕਿਹਾ ਕਿ ਹੇ ਮਰੀਅਮ! ਅੱਲਾਹ ਤੈਨੂੰ ਆਪਣੇ ਇਕ ਕਲਮੇ (ਭਾਵ ਬੱਚੇ ਦੀ) ਖ਼ੁਸ਼ਖ਼ਬਰੀ ਦਿੰਦਾ ਹੈ ਜਿਸ ਦਾ ਨਾਂ ਮਸੀਹ ਈਸਾ ਬਿਨ ਮਰੀਅਮ ਹੋਵੇਗਾ ਜੋ ਦੁਨੀਆਂ ਅਤੇ ਆਖ਼ਿਰਤ ਵਿਚ ਇੱਜ਼ਤ ਵਾਲਾ ਹੋਵੇਗਾ ਅਤੇ ਅੱਲਾਹ ਦੇ ਨੇੜਲੇ ਬੰਦਿਆਂ ਵਿੱਚੋਂ ਹੋਵੇਗਾ।

إِذْ قَالَتِ ٱلْمَلَـٰٓئِكَةُ يَـٰمَرْيَمُ إِنَّ ٱللَّهَ يُبَشِّرُكِ
بِكَلِمَةٍ مِّنْهُ ٱسْمُهُ ٱلْمَسِيحُ عِيسَى ٱبْنُ مَرْيَمَ
وَجِيهًا فِى ٱلدُّنْيَا وَٱلْـَٔاخِرَةِ وَمِنَ ٱلْمُقَرَّبِينَ ٤٥

46. ਉਹ (ਬੱਚਾ) ਆਪਣੇ ਪੰਘੂੜੇ ਵਿਚ ਵੀ ਅਤੇ ਵੱਡੀ ਉਮਰ ਵਿਚ ਵੀ ਲੋਕਾਂ ਨਾਲ ਗੱਲਾਂ ਕਰੇਗਾ[1] ਅਤੇ ਉਹ ਨੇਕ ਲੋਕਾਂ ਵਿੱਚੋਂ ਹੋਵੇਗਾ।

وَيُكَلِّمُ ٱلنَّاسَ فِى ٱلْمَهْدِ وَكَهْلًا
وَمِنَ ٱلصَّـٰلِحِينَ ٤٦

---

[1] ਨਬੀ ਕਰੀਮ ਸ: ਦਾ ਫ਼ਰਮਾਨ ਹੈ ਕਿ ਬਨੀ ਇਸਰਾਈਲ ਵਿੱਚੋਂ ਮਾਂ ਦੀ ਕੁੱਖ ਵਿਚ ਕੇਵਲ ਤਿੰਨ ਬੱਚਿਆਂ ਨੇ ਗੱਲਾਂ ਕੀਤੀਆਂ (1) ਹਜ਼ਰਤ ਈਸਾ, ਬਨੀ ਇਸਰਾਈਲ ਦਾ ਜਰੀਜ ਨਾਂ ਦਾ ਇਕ ਵਿਅਕਤੀ ਜਦੋਂ ਉਹ ਨਮਾਜ਼ ਪੜ੍ਹ ਰਿਹਾ ਸੀ ਤਾਂ ਉਸ ਦੀ ਮਾਂ ਨੇ ਉਸ ਨੂੰ ਬੁਲਾਇਆ ਤਾਂ ਉਸ ਨੇ ਮਨ ਵਿਚ ਸੋਚਿਆ ਕਿ ਮੈਂ ਆਪਣੀ ਮਾਂ ਦਾ ਜਵਾਬ ਦੇਵਾਂ ਜਾਂ ਨਮਾਜ਼ ਪੂਰੀ ਕਰਾਂ ਉਸ ਨੇ ਨਮਾਜ਼ ਜਾਰੀ ਰੱਖੀ ਅਤੇ ਮਾਂ ਨੂੰ ਉੱਤਰ ਨਹੀਂ ਦਿੱਤਾ ਤਾਂ ਉਸ ਦੀ ਮਾਂ ਨੇ ਉਸ ਨੂੰ ਬੱਦ ਦੁਆ ਦਿੱਤੀ ਕਿ ਹੇ ਅੱਲਾਹ! ਜਦੋਂ ਤੀਕ ਉਹ ਕਿਸੇ ਬਦਕਾਰ ਔਰਤ ਦਾ ਮੂੰਹ ਨਾ ਵੇਖ ਲਵੇ ਉਸ ਨੂੰ ਮੌਤ ਨਾ ਦਈਂ ਇਕ ਦਿਨ ਜਰੀਜ ਆਪਣੇ ਇਬਾਦਤਖ਼ਾਨੇ ਵਿਚ ਸੀ ਕਿ ਬਦਕਾਰ ਔਰਤ ਨੇ ਉਸ ਨੂੰ ਬਦਕਾਰੀ ਲਈ ਬੁਲਾਇਆ ਪਰ ਜਰੀਜ ਨੇ ਇਨਕਾਰ ਕਰ ਦਿੱਤਾ ਉਹ ਔਰਤ ਇਕ ਚਰਵਾਹੇ ਕੋਲ ਗਈ ਅਤੇ ਉਸ ਤੋਂ ਗ਼ਲਤ ਕੰਮ ਕਰਵਾਇਆ ਜਿਸ ਤੋਂ ਇਕ ਬੱਚਾ ਪੈਦਾ ਹੋਇਆ ਲੋਕਾਂ ਦੇ ਪੁੱਛਣ 'ਤੇ ਔਰਤ ਨੇ ਕਿਹਾ ਕਿ ਇਹ ਜਰੀਜ ਦਾ ਪੁੱਤਰ ਹੈ ਲੋਕ ਇਹ ਸੁਣ ਕੇ ਜਰੀਜ ਨੂੰ ਗਾਲ੍ਹਾਂ ਦੇਣ ਲੱਗ ਪਏ ਉਸ ਦਾ ਇਬਾਦਤਖ਼ਾਨਾ ਤੋੜ ਦਿੱਤਾ ਇਸ ਮੁਸੀਬਤ ਦੇ ਸਮੇਂ ਜਰੀਜ ਨੇ ਵੁਜ਼ੂ ਕੀਤਾ ਅਤੇ ਨਮਾਜ਼ ਅਦਾ ਕੀਤੀ ਅਤੇ ਬੱਚੇ ਨੂੰ ਆਕੇ ਪੁੱਛਿਆ ਕਿ

47. (ਮਰੀਅਮ ਹੈਰਾਨ ਹੋਕੇ) ਕਹਿਣ ਲੱਗੀ ਕਿ ਹੇ ਮੇਰੇ ਰੱਬਾ! ਮੇਰੇ ਪੁੱਤਰ ਕਿਵੇਂ ਹੋਵੇਗਾ? ਜੱਦ ਕਿ ਮੈਨੂੰ ਕਿਸੇ ਪੁਰਸ਼ ਨੇ ਹੱਥ ਵੀ ਨਹੀਂ ਲਾਇਆ। ਫ਼ਰਿਸ਼ਤੇ ਨੇ ਕਿਹਾ, ਅੱਲਾਹ ਜੋ ਵੀ ਚਾਹੇ ਪੈਦਾ ਕਰਦਾ ਹੈ, ਜਦੋਂ ਉਹ ਕਿਸੇ ਕੰਮ ਨੂੰ ਕਰਨਾ ਚਾਹੁੰਦਾ ਹੈ ਤਾਂ ਕੇਵਲ ਇਹੋ ਕਹਿੰਦਾ ਹੈ ਕਿ "ਹੋ ਜਾ" ਅਤੇ ਉਹ ਹੋ ਜਾਂਦਾ ਹੈ।

قَالَتْ رَبِّ أَنَّىٰ يَكُونُ لِي وَلَدٌ وَلَمْ يَمْسَسْنِي
بَشَرٌ ۖ قَالَ كَذَٰلِكِ اللَّهُ يَخْلُقُ مَا يَشَاءُ ۚ إِذَا قَضَىٰ
أَمْرًا فَإِنَّمَا يَقُولُ لَهُ كُن فَيَكُونُ (47)

48. ਅੱਲਾਹ ਉਸ ਨੂੰ ਕਿਤਾਬ ਤੇ ਡੂੰਘੀ ਸੂਝ-ਬੂਝ ਦੀ ਸਿੱਖਿਆ ਅਤੇ ਤੌਰੈਤ ਤੇ ਇੰਜੀਲ ਦਾ ਗਿਆਨ ਬਖ਼ਸ਼ੇਗਾ।

وَيُعَلِّمُهُ الْكِتَابَ وَالْحِكْمَةَ وَالتَّوْرَاةَ
وَالْإِنجِيلَ (48)

49. ਅਤੇ ਉਸ ਨੂੰ ਬਨੀ ਇਸਰਾਈਲ ਵੱਲ ਰਸੂਲ ਬਣਾਕੇ ਭੇਜੇਗਾ ਅਤੇ (ਉਹ) ਆਖੇਗਾ ਕਿ ਮੈਂ ਤੁਹਾਡੇ ਕੋਲ ਤੁਹਾਡੇ ਰੱਬ ਦੀਆਂ ਨਿਸ਼ਾਨੀਆਂ ਲਿਆਇਆ ਹਾਂ। ਮੈਂ ਤੁਹਾਡੇ ਸਾਮ੍ਹਣੇ ਪੰਛੀ ਦੀ ਸ਼ਕਲ ਵਾਂਗ ਮਿੱਟੀ ਦੀ ਇਕ ਮੂਰਤ ਬਣਾਉਂਦਾ ਹਾਂ ਫੇਰ ਉਸ ਵਿਚ ਇਕ ਫੂਕ ਮਾਰਦਾ ਹਾਂ ਤਾਂ ਅੱਲਾਹ ਦੇ ਹੁਕਮ ਨਾਲ ਉਹ (ਅਸਲੀ) ਪੰਛੀ ਬਣ ਜਾਂਦਾ ਹੈ ਅਤੇ ਮੈਂ ਅੱਲਾਹ ਦੇ ਹੁਕਮ ਨਾਲ ਜਮਾਂਦਰੂ ਅੰਨ੍ਹੇ

وَرَسُولًا إِلَىٰ بَنِي إِسْرَائِيلَ أَنِّي قَدْ
جِئْتُكُم بِآيَةٍ مِّن رَّبِّكُمْ ۖ أَنِّي أَخْلُقُ لَكُم
مِّنَ الطِّينِ كَهَيْئَةِ الطَّيْرِ فَأَنفُخُ فِيهِ فَيَكُونُ
طَيْرًا بِإِذْنِ اللَّهِ ۖ وَأُبْرِئُ الْأَكْمَهَ وَالْأَبْرَصَ
وَأُحْيِي الْمَوْتَىٰ بِإِذْنِ اللَّهِ ۖ وَأُنَبِّئُكُم بِمَا تَأْكُلُونَ
وَمَا تَدَّخِرُونَ فِي بُيُوتِكُمْ ۚ إِنَّ فِي ذَٰلِكَ لَآيَةً
لَّكُمْ إِن كُنتُم مُّؤْمِنِينَ (49)

ਤੇਰਾ ਬਾਪ ਕੌਣ ਹੈ ਬੱਚਾ ਬੋਲਿਆ ਕਿ ਫਲਾਂ ਚਰਵਾਹਾ ਹੈ ਤਾਂ ਲੋਕ ਸ਼ਰਮਿੰਦਾ ਹੋਏ ਅਤੇ ਕਿਹਾ ਕਿ ਅਸੀਂ ਤੇਰੀ ਇਬਾਦਤਗਾਹ ਨੂੰ ਸੋਨੇ ਦੀ ਬਣਾਵਾਂਗੇ ਤਾਂ ਜਰੀਜ ਨੇ ਕਿਹਾ ਕਿ ਨਹੀਂ ਬਸ ਮਿੱਟੀ ਦੀ ਹੀ ਹੋਵੇ। ਤੀਜਾ ਉਹ ਬੱਚਾ ਜਿਸ ਨੂੰ ਇਕ ਜ਼ਨਾਨੀ ਆਪਣਾ ਦੁੱਧ ਪਿਲਾ ਰਹੀ ਸੀ ਕਿ ਇਕ ਸੋਹਣਾ ਮਨੁੱਖ ਸਵਾਰ ਲੰਘਿਆ, ਜ਼ਨਾਨੀ ਨੇ ਉਸ ਨੂੰ ਵੇਖ ਕੇ ਦੁਆ ਕੀਤੀ ਕਿ ਹੇ ਮੇਰੇ ਅੱਲਾਹ! ਮੇਰੇ ਪੁੱਤਰ ਨੂੰ ਵੀ ਅਜਿਹਾ ਬਣਾ ਦੇ ਬੱਚੇ ਨੇ ਦੁੱਧ ਪੀਣਾ ਛੱਡ ਕੇ ਸਵਾਰ ਵੱਲ ਵੇਖਿਆ ਅਤੇ ਕਿਹਾ ਕਿ ਹੇ ਅੱਲਾਹ! ਮੈਨੂੰ ਅਜਿਹਾ ਨਾ ਬਣਾਉਣਾ ਅਤੇ ਫੇਰ ਦੁੱਧ ਪੀਣ ਲੱਗ ਪਿਆ। ਇਹ ਕਿੱਸਾ ਦੱਸਣ ਵਾਲੇ ਹਜ਼ਰਤ ਅਬੂ-ਹੁਰੈਰਾ ਬਿਆਨ ਕਰਦੇ ਹਨ ਕਿ ਆਪ ਸ: ਨੇ ਉਸ ਬੱਚੇ ਵਾਂਗ ਆਪਣੀਆਂ ਉਂਗਲੀਆਂ ਚੂਸ ਕੇ ਵਿਖਾਈਆਂ ਫੇਰ ਉਸ ਜ਼ਨਾਨੀ ਕੋਲ ਤੋਂ ਇਕ ਗੋਲੀ (ਗ਼ੁਲਾਮ ਔਰਤ) ਦਾ ਗੁਜ਼ਰ ਹੋਇਆ ਜਿਸ ਨੂੰ ਲੋਕੀ ਮਾਰ ਕੁਟ ਰਹੇ ਸੀ ਤਾਂ ਮਾਂ ਨੇ ਦੁਆ ਕੀਤੀ ਕਿ ਹੇ ਅੱਲਾਹ ਮੇਰੇ ਪੁੱਤਰ ਨੂੰ ਅਜਿਹਾ ਨਾ ਬਣਾਉਣਾ। ਬੱਚੇ ਨੇ ਫੇਰ ਉਸ ਦੀ ਛਾਤੀ ਤੋਂ ਮੂੰਹ ਪਰਾਂ ਕਰਦੇ ਹੋਏ ਕਿਹਾ ਕਿ ਹੇ ਅੱਲਾਹ! ਮੈਨੂੰ ਅਜਿਹਾ ਹੀ ਬਣਾਉਣਾ ਤਾਂ ਮਾਂ ਨੇ ਹੈਰਾਨੀ ਨਾਲ ਪੁੱਛਿਆ ਕਿ ਅਜਿਹਾ ਕਿਉਂ? ਕਿ ਤੂੰ ਉਸ ਸਵਾਰ ਦੀ ਥਾਂ ਇਸ ਬਦਨਸੀਬ ਔਰਤ ਵਾਂਗ ਬਣਨਾ ਪਸੰਦ ਕਰਦਾ ਹੈ ਤਾਂ ਬੱਚੇ ਨੇ ਜਵਾਬ ਵਿਚ ਕਿਹਾ ਕਿ ਉਹ ਸਵਾਰ ਤਾਂ ਜ਼ਾਲਮਾਂ ਵਿੱਚੋਂ ਇਕ ਵੱਡਾ ਜ਼ਾਲਮ ਸੀ ਅਤੇ ਇਹ ਗੋਲੀ ਵਿਚਾਰੀ ਨਿਰਦੋਸ਼ ਹੈ ਲੋਕੀ ਇਸ 'ਤੇ ਇਲਜ਼ਾਮ ਲਾ ਰਹੇ ਹਨ ਕਿ ਤੂੰ ਚੋਰੀ ਕੀਤੀ ਹੈ ਅਤੇ ਜ਼ਨਾ ਕੀਤਾ ਹੈ ਜਦ ਕਿ ਉਸ ਨੇ ਕੁੱਝ ਵੀ ਨਹੀਂ ਸੀ ਕੀਤਾ। (ਸਹੀ ਬੁਖ਼ਾਰੀ, ਹਦੀਸ: 3436)

ਤੇ ਕੋੜ੍ਹੀ ਨੂੰ ਚੰਗਾ ਭਲਾ ਕਰ ਦਿੰਦਾ ਹਾਂ ਅਤੇ ਮੁਰਦੇ ਨੂੰ ਜਿਉਂਦਾ ਕਰਦਾ ਹਾਂ ਅਤੇ ਜੋ ਕੁੱਝ ਤੁਸੀਂ ਖਾਂਦੇ ਹੋ ਅਤੇ ਜੋ ਤੁਸੀਂ ਆਪਣੇ ਘਰਾਂ ਵਿਚ ਭੰਡਾਰ ਕਰਕੇ ਰਖਦੇ ਹੋ ਮੈਂ ਤੁਹਾਨੂੰ ਉਹ ਸਭ ਦੱਸਦਾ ਹਾਂ। ਇਸ ਵਿਚ ਤੁਹਾਡੇ ਲਈ ਵਧੇਰੇ ਨਿਸ਼ਾਨੀਆਂ ਹਨ, ਜੇ ਤੁਸੀਂ ਈਮਾਨ ਵਾਲੇ ਹੋ।

50. ਮੈਂ ਉਸ ਦੀ ਪੁਸ਼ਟੀ ਕਰਦਾ ਹਾਂ ਜਿਹੜੀ ਤੌਰੇਤ ਮੇਥੋਂ ਪਹਿਲਾਂ (ਨਾਜ਼ਿਲ ਹੋਈ) ਹੈ। (ਮੈਂ ਇਸ ਲਈ ਆਇਆ ਹਾਂ ਕਿ) ਤੁਹਾਡੇ ਲਈ ਉਹ ਚੀਜ਼ਾਂ ਹਲਾਲ ਕਰ ਦੇਵਾਂ ਜਿਹੜੀਆਂ ਤੁਹਾਡੇ ਲਈ ਹਰਾਮ ਕਰ ਦਿੱਤੀਆਂ ਗਈਆਂ ਸਨ। ਮੈਂ ਤੁਹਾਡੇ ਕੋਲ ਤੁਹਾਡੇ ਰੱਬ ਵੱਲੋਂ ਨਿਸ਼ਾਨੀਆਂ ਲੈਕੇ ਆਇਆ ਹਾਂ, ਇਸ ਲਈ ਤੁਸੀਂ ਅੱਲਾਹ ਤੋਂ ਡਰੋ ਅਤੇ ਮੇਰੀ ਪੈਰਵੀ ਕਰੋ।

وَمُصَدِّقًا لِّمَا بَيْنَ يَدَيَّ مِنَ التَّوْرَاةِ
وَلِأُحِلَّ لَكُم بَعْضَ الَّذِي حُرِّمَ عَلَيْكُمْ وَجِئْتُكُم
بِآيَةٍ مِّن رَّبِّكُمْ فَاتَّقُوا اللَّهَ وَأَطِيعُونِ 50

51 ਬੇਸ਼ੱਕ ਮੇਰਾ ਤੇ ਤੁਹਾਡਾ ਪਾਲਣਹਾਰ (ਇੱਕੋ) ਅੱਲਾਹ ਹੈ ਤੁਸੀਂ ਸਾਰੇ ਉਸੇ ਦੀ ਇਬਾਦਤ ਕਰੋ ਇਹੋ ਸਿੱਧਾ ਰਾਹ ਹੈ।

إِنَّ اللَّهَ رَبِّي وَرَبُّكُمْ فَاعْبُدُوهُ هَٰذَا صِرَاطٌ
مُّسْتَقِيمٌ ﴿٥١﴾

52. ਜਦੋਂ ਈਸਾ ਨੇ ਉਹਨਾਂ ਦਾ ਇਨਕਾਰੀ ਹੋਣਾ ਮਹਿਸੂਸ ਕਰ ਲਿਆ ਤਾਂ ਕਹਿਣ ਲੱਗੇ ਕਿ ਕੌਣ ਹੈ ਜੋ ਅੱਲਾਹ ਦੀ ਰਾਹ ਵਿਚ ਮੇਰੀ ਮਦਦ ਕਰੇਗਾ? ਤਾਂ ਹਵਾਰੀਆਂ (ਸਹਾਇਕ) ਨੇ ਕਿਹਾ ਕਿ ਅਸੀਂ ਅੱਲਾਹ ਦੀ ਰਾਹ ਵਿਚ ਤੁਹਾਡੇ ਸਹਾਈ ਹਾਂ। ਅਸੀਂ ਅੱਲਾਹ 'ਤੇ ਈਮਾਨ ਲਿਆਏ ਹਾਂ ਅਤੇ ਤੁਸੀਂ ਗਵਾਹ ਰਹੀਓ ਕਿ ਅਸੀਂ ਆਗਿਆਕਾਰੀ ਹਾਂ।

فَلَمَّا أَحَسَّ عِيسَىٰ مِنْهُمُ الْكُفْرَ قَالَ مَنْ
أَنصَارِي إِلَى اللَّهِ قَالَ الْحَوَارِيُّونَ نَحْنُ أَنصَارُ
اللَّهِ آمَنَّا بِاللَّهِ وَاشْهَدْ بِأَنَّا مُسْلِمُونَ ﴿52﴾

53 ਹੇ ਮਾਲਿਕ। ਅਸੀਂ ਤੇਰੇ ਵੱਲੋਂ ਉਤਾਰੀ ਹੋਈ (ਇੰਜੀਲ) 'ਤੇ ਈਮਾਨ ਲਿਆਏ ਹਾਂ ਅਤੇ ਤੇਰੇ ਰਸੂਲ ਦੀ ਪੈਰਵੀ ਕੀਤੀ ਹੈ ਸੋ ਹੁਣ ਤੂੰ ਸਾਡਾ ਨਾਂ ਗਵਾਹੀ ਦੇਣ ਵਾਲਿਆਂ ਵਿਚ ਲਿਖ ਲੈ।

رَبَّنَا آمَنَّا بِمَا أَنزَلْتَ وَاتَّبَعْنَا الرَّسُولَ فَاكْتُبْنَا
مَعَ الشَّاهِدِينَ ﴿٥٣﴾

54. ਜਦੋਂ ਉਹਨਾਂ (ਬਨੀ ਇਸਰਾਈਲ) ਨੇ (ਮਸੀਹ ਵਿਰੁੱਧ) ਚਾਲਾਂ ਚੱਲੀਆਂ ਤਾਂ ਅੱਲਾਹ ਨੇ ਵੀ (ਆਪਣੀਆਂ) ਚਾਲਾਂ ਚੱਲੀਆਂ, ਅੱਲਾਹ ਸਭ ਤੋਂ ਵਧੀਆ (ਖ਼ੁਫ਼ੀਆ) ਚਾਲਾਂ ਚੱਲਣ ਵਾਲਾ ਹੈ।

وَمَكَرُوا وَمَكَرَ اللَّهُ ۖ وَاللَّهُ خَيْرُ الْمَاكِرِينَ ﴿54﴾

55. (ਗੁਪਤ ਚਾਲ ਵਜੋਂ) ਜਦੋਂ ਅੱਲਾਹ ਨੇ ਕਿਹਾ ਕਿ ਹੇ ਈਸਾ! ਮੈਂ ਤੈਨੂੰ ਸਹੀ ਸਲਾਮਤ (ਇਹਨਾਂ ਤੋਂ) ਵਾਪਸ ਲੈ ਲਵਾਂਗਾ ਤੇ ਆਪਣੇ ਵੱਲ (ਭਾਵ ਅਕਾਸ਼ਾਂ 'ਤੇ) ਚੁੱਕ ਲਵਾਂਗਾ[1] ਅਤੇ ਇਹਨਾਂ (ਕਾਫ਼ਰਾਂ) ਤੋਂ ਤੈਨੂੰ ਪਾਕ ਕਰਾਂਗਾ ਅਤੇ ਜਿਨ੍ਹਾਂ ਲੋਕਾਂ ਨੇ ਤੇਰੀ ਪੈਰਵੀ ਕੀਤੀ ਹੈ ਉਹਨਾਂ ਨੂੰ ਕਿਆਮਤ ਤਕ ਕਾਫ਼ਰਾਂ 'ਤੇ ਭਾਰੂ ਰੱਖਾਂਗਾ। ਫੇਰ ਤੁਸਾਂ ਸਭ ਨੇ ਮੇਰੇ ਵੱਲ ਹੀ ਪਰਤ ਕੇ ਆਉਣਾ ਹੈ। ਫੇਰ ਮੈਂ ਤੁਹਾਡੇ ਵਿਚਕਾਰ ਉਹਨਾਂ ਗੱਲਾਂ ਦਾ ਨਿਪਟਾਰਾ ਕਰ ਦੇਵਾਂਗਾ ਜਿਨ੍ਹਾਂ ਬਾਰੇ ਤੁਸੀਂ ਮਤਭੇਦ ਕਰਦੇ ਸੀ।

إِذْ قَالَ اللَّهُ يَا عِيسَىٰ إِنِّي مُتَوَفِّيكَ وَرَافِعُكَ إِلَيَّ وَمُطَهِّرُكَ مِنَ الَّذِينَ كَفَرُوا وَجَاعِلُ الَّذِينَ اتَّبَعُوكَ فَوْقَ الَّذِينَ كَفَرُوا إِلَىٰ يَوْمِ الْقِيَامَةِ ۖ ثُمَّ إِلَيَّ مَرْجِعُكُمْ فَأَحْكُمُ بَيْنَكُمْ فِيمَا كُنْتُمْ فِيهِ تَخْتَلِفُونَ ﴿55﴾

56. ਜਿਨ੍ਹਾਂ ਲੋਕਾਂ ਨੇ ਕੁਫ਼ਰ ਕੀਤਾ ਉਹਨਾਂ ਕਾਫ਼ਿਰਾਂ ਨੂੰ ਤਾਂ ਮੈਂ ਦੁਨੀਆਂ ਵਿਚ ਵੀ ਅਤੇ ਆਖ਼ਿਰਤ ਵਿਚ ਵੀ ਸਖ਼ਤ ਸਜ਼ਾ ਦੇਵਾਂਗਾ ਅਤੇ ਉਹਨਾਂ ਦਾ ਕੋਈ ਵੀ ਸਹਾਈ ਨਹੀਂ ਹੋਵੇਗਾ।

فَأَمَّا الَّذِينَ كَفَرُوا فَأُعَذِّبُهُمْ عَذَابًا شَدِيدًا فِي الدُّنْيَا وَالْآخِرَةِ وَمَا لَهُمْ مِنْ نَاصِرِينَ ﴿56﴾

---

1 ਇਸ ਆਇਤ ਵਿਚ ਹਜ਼ਰਤ ਈਸਾ ਨੂੰ ਜਿਊਂਦਾ ਜੀ ਅਕਾਸ਼ ਵੱਲ ਉਠਾਉਣ ਦਾ ਜ਼ਿਕਰ ਕੀਤਾ ਗਿਆ ਹੈ। ਹਦੀਸ ਤੋਂ ਸਿੱਧ ਹੁੰਦਾ ਹੈ ਕਿ ਕਿਆਮਤ ਦੇ ਨੇੜੇ ਆਪ ਨੂੰ ਅਕਾਸ਼ ਤੋਂ ਮੁੜ ਧਰਤੀ 'ਤੇ ਉਤਾਰਿਆ ਜਾਵੇਗਾ। ਇਕ ਹਦੀਸ ਵਿਚ ਨਬੀ ਕਰੀਮ ਸ. ਨੇ ਫ਼ਰਮਾਇਆ ਕਿ ਉਸ ਅੱਲਾਹ ਦੀ ਕਸਮ ਜਿਸ ਦੇ ਹੱਥ ਵਿਚ ਮੇਰੀ ਜਾਨ ਹੈ ਉਹ ਸਮਾਂ ਨੇੜੇ ਹੀ ਹੈ ਜਦੋਂ ਮਰੀਅਮ ਦਾ ਪੁੱਤਰ ਈਸਾ ਤੁਹਾਡੇ ਲੋਕਾਂ ਵਿਚਕਾਰ ਇਕ ਇਨਸਾਫ਼ ਪਸੰਦ ਹਾਕਮ ਬਣ ਕੇ ਉਤਰੇਗਾ ਉਹ ਸਲੀਬ ਨੂੰ ਤੋੜੇਗਾ, ਸੂਰ ਦਾ ਅੰਤ ਕਰੇਗਾ, ਜਜ਼ੀਆ ਲੈਣਾ ਮੁਆਫ਼ ਕਰੇਗਾ ਕਿ ਉਸ ਉਸ ਦੇ ਕੋਲ ਇੰਨਾ ਮਾਲ ਹੋਵੇਗਾ ਕਿ ਉਸ ਨੂੰ ਕਬੂਲ ਕਰਨ ਵਾਲਾ ਕੋਈ ਨਹੀਂ ਹੋਵੇਗਾ ਅਤੇ ਇਕ ਸਿਜਦਾ ਦੁਨੀਆ ਦੀਆਂ ਸਾਰੀਆਂ ਚੀਜ਼ਾਂ ਤੋਂ ਵੱਧ ਕੀਮਤੀ ਹੋਵੇਗਾ। (ਸਹੀ ਬੁਖ਼ਾਰੀ, ਹਦੀਸ: 3448)

• ਇਕ ਹਦੀਸ ਵਿਚ ਆਪ ਸ. ਨੇ ਫ਼ਰਮਾਇਆ ਕਿ ਉਸ ਸਮੇਂ ਤੁਹਾਡਾ ਕੀ ਹਾਲ ਹੋਵੇਗਾ ਜਦੋਂ ਮਰੀਅਮ ਦਾ ਪੁੱਤਰ ਈਸਾ ਤੁਹਾਡੇ ਵਿਚਕਾਰ ਉਤਾਰੇ ਜਾਣਗੇ ਅਤੇ ਤੁਹਾਡਾ ਆਗੂ ਤੁਹਾਡੀ ਕੌਮ ਵਿੱਚੋਂ ਹੀ ਹੋਵੇਗਾ? (ਸਹੀ ਬੁਖ਼ਾਰੀ, ਹਦੀਸ: 3449)

57. ਪਰ ਈਮਾਨ ਲਿਆਉਣ ਵਾਲਿਆਂ ਨੂੰ ਅਤੇ ਨੇਕ ਕਰਮ ਕਰਨ ਵਾਲਿਆਂ ਨੂੰ ਅੱਲਾਹ ਪੂਰਾ-ਪੂਰਾ ਬਦਲਾ ਦੇਵੇਗਾ। ਅੱਲਾਹ ਜ਼ਾਲਮਾਂ ਨੂੰ ਪਸੰਦ ਨਹੀਂ ਕਰਦਾ।

وَأَمَّا الَّذِينَ آمَنُوا وَعَمِلُوا الصَّالِحَاتِ فَيُوَفِّيهِمْ
أُجُورَهُمْ ۗ وَاللَّهُ لَا يُحِبُّ الظَّالِمِينَ ﴿٥٧﴾

58. (ਹੇ ਨਬੀ!) ਇਹ ਜੋ ਅਸੀਂ ਤੈਨੂੰ ਪੜ੍ਹ ਕੇ ਸੁਣਾ ਰਹੇ ਹਾਂ ਇਹ ਦਾਨਾਈ ਤੇ ਨਸੀਹਤਾਂ ਵਾਲੀਆਂ ਆਇਤਾਂ ਹਨ।

ذَٰلِكَ نَتْلُوهُ عَلَيْكَ مِنَ الْآيَاتِ وَالذِّكْرِ الْحَكِيمِ ﴿٥٨﴾

59 ਬੇਸ਼ੱਕ ਅੱਲਾਹ ਦੀ ਨਜ਼ਰ ਵਿਚ ਈਸਾ ਦੀ ਮਿਸਾਲ ਆਦਮ ਵਾਂਗ ਹੈ। ਅੱਲਾਹ ਨੇ ਉਸ ਨੂੰ ਮਿੱਟੀ ਤੋਂ ਸਾਜਿਆ ਅਤੇ ਹੁਕਮ ਦਿੱਤਾ "ਕਿ ਹੋ ਜਾ" ਬਸ ਉਹ ਹੋ ਗਿਆ।

إِنَّ مَثَلَ عِيسَىٰ عِندَ اللَّهِ كَمَثَلِ آدَمَ ۖ خَلَقَهُ
مِن تُرَابٍ ثُمَّ قَالَ لَهُ كُن فَيَكُونُ ﴿٥٩﴾

60. ਤੇਰੇ ਰੱਬ ਵੱਲੋਂ ਇਹੋ ਸੱਚਾਈ ਹੈ, (ਖ਼ਬਰਦਾਰ) ਸ਼ੱਕ ਕਰਨ ਵਾਲੇ ਲੋਕਾਂ ਵਿਚ ਸ਼ਾਮਿਲ ਨਾ ਹੋ ਜਾਣਾ।

الْحَقُّ مِن رَّبِّكَ فَلَا تَكُن مِّنَ الْمُمْتَرِينَ ﴿٦٠﴾

61 ਹੇ ਨਬੀ! ਇਸ ਜਾਣਕਾਰੀ ਮਿਲ ਜਾਣ ਤੋਂ ਬਾਅਦ ਵੀ ਜੇ ਕੋਈ ਈਸਾ ਦੇ ਸੰਬੰਧ ਵਿਚ ਤੁਹਾਡੇ ਨਾਲ ਕੋਈ ਵਾਦ ਵਿਵਾਦ ਕਰੇ ਤਾਂ ਤੁਸੀਂ ਉਸ ਨੂੰ ਆਖ ਦਿਓ ਕਿ ਆਓ ਅਸੀਂ ਤੇ ਤੁਸੀਂ ਆਪੋ ਆਪਣੇ ਪੁਤਰਾਂ ਨੂੰ, ਆਪਣੀਆਂ ਔਰਤਾਂ ਨੂੰ ਬੁਲਾਈਏ ਅਤੇ ਆਪ ਖ਼ੁਦ ਵੀ ਆਈਏ ਫੇਰ ਅਸੀਂ ਮਿਲਕੇ ਦੁਆ ਕਰੀਏ ਕਿ ਝੂਠੀਆਂ 'ਤੇ ਅੱਲਾਹ ਦੀ ਲਾਅਨਤ ਹੋਵੇ।

فَمَنْ حَاجَّكَ فِيهِ مِن بَعْدِ مَا جَاءَكَ مِنَ الْعِلْمِ
فَقُلْ تَعَالَوْا نَدْعُ أَبْنَاءَنَا وَأَبْنَاءَكُمْ وَنِسَاءَنَا
وَنِسَاءَكُمْ وَأَنفُسَنَا وَأَنفُسَكُمْ ثُمَّ نَبْتَهِلْ
فَنَجْعَل لَّعْنَتَ اللَّهِ عَلَى الْكَاذِبِينَ ﴿٦١﴾

62. ਹਕੀਕਤ ਇਹੀਓ ਹੈ ਕਿ ਇਹ ਸਾਰੀਆਂ ਸੱਚੀਆਂ ਗੱਲਾਂ ਹਨ ਅਤੇ ਛੁੱਟ ਅੱਲਾਹ ਤੋਂ ਹੋਰ ਕੋਈ ਇਸ਼ਟ ਨਹੀਂ ਅਤੇ ਬੇਸ਼ੱਕ ਅੱਲਾਹ ਹੀ ਸ਼ਕਤੀਸ਼ਾਲੀ ਅਤੇ ਦਾਨਾਈ ਵਾਲਾ ਹੈ।

إِنَّ هَٰذَا لَهُوَ الْقَصَصُ الْحَقُّ ۚ وَمَا مِنْ إِلَٰهٍ
إِلَّا اللَّهُ ۚ وَإِنَّ اللَّهَ لَهُوَ الْعَزِيزُ الْحَكِيمُ ﴿٦٢﴾

63. ਫੇਰ ਵੀ ਜੇ ਉਹ (ਇਹਨਾਂ ਗੱਲਾਂ ਨੂੰ) ਨਹੀਂ ਕਬੂਲਦੇ ਤਾਂ ਅੱਲਾਹ ਵੀ ਇਹਨਾਂ ਫ਼ਸਾਦੀਆਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

فَإِن تَوَلَّوْا فَإِنَّ اللَّهَ عَلِيمٌ بِالْمُفْسِدِينَ ﴿٦٣﴾

64. (ਹੇ ਨਬੀ!) ਤੁਸੀਂ ਕਹਿ ਦਿਓ ਕਿ ਹੇ ਕਿਤਾਬ ਵਾਲਿਓ! ਆਓ ਇਕ ਅਜਿਹੀ ਗੱਲ ਵੱਲ ਜਿਹੜੀ ਤੁਹਾਡੇ ਤੇ ਸਾਡੇ ਵਿਚਾਲੇ ਸਾਂਝੀ ਹੈ ਕਿ ਅਸੀਂ ਅੱਲਾਹ ਤੋਂ ਛੁੱਟ ਕਿਸੇ ਹੋਰ ਦੀ ਇਬਾਦਤ ਨਾ ਕਰੀਏ, ਨਾ ਉਸ ਦਾ ਕਿਸੇ ਨੂੰ ਸ਼ਰੀਕ ਬਣਾਈਏ ਅਤੇ ਨਾ ਅੱਲਾਹ ਨੂੰ ਛੱਡ ਕੇ ਕਿਸੇ ਨੂੰ ਆਪਣਾ ਰੱਬ ਬਣਾਈਏ (ਭਾਵ ਰੱਬ ਦੇ ਆਗਿਆਕਾਰੀ ਹਾਂ) ਫੇਰ ਵੀ ਜੇ ਉਹ ਮੂੰਹ ਮੋੜਦੇ ਹਨ ਤਾਂ ਤੁਸੀਂ ਆਖ ਦਿਓ ਕਿ ਗਵਾਹ ਰਹੋ ਕਿ ਅਸੀਂ ਤਾਂ ਮੁਸਲਮਾਨ (ਆਗਿਆਕਾਰੀ) ਹਾਂ।[1]

قُلْ يَا أَهْلَ الْكِتَابِ تَعَالَوْا إِلَىٰ كَلِمَةٍ سَوَاءٍ بَيْنَنَا
وَبَيْنَكُمْ أَلَّا نَعْبُدَ إِلَّا اللَّهَ وَلَا نُشْرِكَ بِهِ شَيْئًا
وَلَا يَتَّخِذَ بَعْضُنَا بَعْضًا أَرْبَابًا مِّن دُونِ اللَّهِ ۚ
فَإِن تَوَلَّوْا فَقُولُوا اشْهَدُوا بِأَنَّا مُسْلِمُونَ ﴿٦٤﴾

65. ਹੇ ਕਿਤਾਬ ਵਾਲਿਓ! ਤੁਸੀਂ ਇਬਰਾਹੀਮ ਦੇ ਧਰਮ ਬਾਰੇ ਕਿਉਂ ਝਗੜਦੇ ਹੋ? ਤੌਰੈਤ ਤੇ ਇੰਜੀਲ ਤਾਂ ਉਹਨਾਂ ਦੇ ਮਗਰੋਂ ਹੀ ਨਾਜ਼ਿਲ ਹੋਈਆਂ ਸਨ। ਕੀ ਤੁਸੀਂ ਇੰਨੀ ਗੱਲ ਵੀ ਨਹੀਂ ਸਮਝਦੇ?

يَا أَهْلَ الْكِتَابِ لِمَ تُحَاجُّونَ فِي إِبْرَاهِيمَ وَمَا
أُنزِلَتِ التَّوْرَاةُ وَالْإِنجِيلُ إِلَّا مِن بَعْدِهِ ۚ
أَفَلَا تَعْقِلُونَ ﴿٦٥﴾

66. ਸੁਣੋ! ਤੁਸੀਂ ਲੋਕ ਉਸ ਗੱਲ ਵਿਚ ਤਾਂ ਬਹੁਤ ਵਾਦ ਵਿਵਾਦ ਕਰ ਚੁੱਕੇ ਹੋ ਜਿਸ ਦਾ ਤੁਹਾਡੇ ਕੋਲ ਗਿਆਨ ਸੀ (ਕਿ ਇਬਰਾਹੀਮ

هَا أَنتُمْ هَٰؤُلَاءِ حَاجَجْتُمْ فِيمَا لَكُم بِهِ عِلْمٌ
فَلِمَ تُحَاجُّونَ فِيمَا لَيْسَ لَكُم بِهِ عِلْمٌ ۚ وَاللَّهُ
يَعْلَمُ وَأَنتُمْ لَا تَعْلَمُونَ ﴿٦٦﴾

---

[1] ਇਸ ਆਇਤ 'ਤੇ ਅਮਲ ਕਰਦੇ ਹੋਏ ਨਬੀ (ਸ) ਨੇ ਈਸਾਈ ਹਾਕਮਾਂ ਨੂੰ ਪੱਤਰਾਂ ਦੁਆਰਾ ਇਸਲਾਮ ਕਬੂਲ ਕਰਨ ਦੀ ਦਾਅਵਤ ਦਿੱਤੀ ਜਿਵੇਂ ਕਿ ਹਦੀਸ ਵਿਚ ਹੈ (ਹਜ਼ਰਤ ਅੱਬਾਸ ਰ:ਅ:) ਜਾਣਕਾਰੀ ਦਿੰਦੇ ਹਨ ਕਿ ਅਬੂ-ਸੁਫ਼ਿਆਨ ਨੇ ਮੇਰੇ ਸਾਹਮਣੇ ਕਿਹਾ ਉਸ ਸਮੇਂ ਜਦੋਂ ਮੇਰੇ ਅਤੇ ਨਬੀ ਕਰੀਮ ਸ: ਦੇ ਵਿਚਾਲੇ ਸੁਲਾਹ (ਹੁਦੈਬੀਆ) ਸੀ ਮੈਂ ਸ਼ਾਮ ਵਿਚ ਸੀ ਕਿ ਪਤਾ ਚੱਲਿਆ ਕਿ ਹਰਕਲ (ਰੂਮੀ ਬਾਦਸ਼ਾਹ) ਨੂੰ ਨਬੀ (ਸ:) ਦਾ ਇਕ ਪੱਤਰ ਆਇਆ ਹੈ ਅਤੇ ਇਹ ਪੱਤਰ ਹਜ਼ਰਤ ਦਹੀਆ ਕਲਬੀ ਲੈ ਕੇ ਆਏ ਸੀ ਉਹਨਾਂ ਨੇ ਇਸ ਪੱਤਰ ਨੂੰ ਬਸਰਾ ਦੇ ਹਾਕਮ ਦੇ ਹਵਾਲੇ ਕਰ ਦਿੱਤਾ ਤਾਂ ਉਸ ਨੂੰ ਅੱਗੇ ਰੂਮ ਦੇ ਬਾਦਸ਼ਾਹ ਨੂੰ ਘੱਲ ਦਿੱਤਾ ਅਬੂ-ਸੁਫ਼ਿਆਨ (ਰ:ਅ:) ਕਹਿੰਦੇ ਹਨ ਕਿ ਹਰਕਲ ਨੇ ਮੈਨੂੰ ਬੁਲਾ ਕੇ ਕੁੱਝ ਸਵਾਲ ਕਰਕੇ ਨਬੀ ਕਰੀਮ ਸ: ਦੀ ਨਬੁੱਵਤ ਅਤੇ ਦੂਜੇ ਹਾਲਾਤ ਦੇ ਸੰਬੰਧ ਵਿਚ ਜਾਣਕਾਰੀ ਲਈ ਜਿਸ ਤੋਂ ਉਹ ਬਹੁਤ ਪ੍ਰਭਾਵਿਤ ਹੋਇਆ। (ਸਹੀ ਬੁਖ਼ਾਰੀ, ਹਦੀਸ 4553)

ਮੂਸਾ ਈਸਾ ਤੋਂ ਪਹਿਲਾਂ ਸਨ) ਹੁਣ ਤੁਸੀਂ ਇਸ ਗੱਲ ਵਿਚ ਕਿਉਂ ਝਗੜਦੇ ਹੋ ਜਿਸ ਦਾ ਤੁਹਾਨੂੰ ਗਿਆਨ ਹੀ ਨਹੀਂ (ਕਿ ਇਬਰਾਹੀਮ ਦਾ ਧਰਮ ਕੀ ਸੀ) ਅੱਲਾਹ ਹੀ ਜਾਣਦਾ ਹੈ ਤੁਸੀਂ ਨਹੀਂ ਜਾਣਦੇ।

67 ਇਬਰਾਹੀਮ ਨਾ ਯਹੂਦੀ ਸੀ ਅਤੇ ਨਾ ਹੀ ਈਸਾਈ ਸਗੋਂ ਉਹ ਤਾਂ ਹੱਕ ਸੱਚ ਦਾ ਪੁਜਾਰੀ ਸੀ, ਉਹ ਸ਼ਿਰਕ ਕਰਨ ਵਾਲਿਆਂ ਵਿੱਚੋਂ ਨਹੀਂ ਸੀ।

مَا كَانَ إِبْرَٰهِيمُ يَهُودِيًّا وَلَا نَصْرَانِيًّا وَلَٰكِن كَانَ حَنِيفًا مُّسْلِمًا وَمَا كَانَ مِنَ ٱلْمُشْرِكِينَ ﴿67﴾

68 ਸਭ ਲੋਕਾਂ ਤੋਂ ਵੱਧ ਇਬਰਾਹੀਮ ਨਾਲ ਨੇੜਲਾ ਸੰਬੰਧ ਉਹਨਾਂ ਦਾ ਹੈ ਜਿਨ੍ਹਾਂ ਨੇ ਉਸ ਦੀ ਪੈਰਵੀ ਕੀਤੀ ਅਤੇ ਇਹ ਨਬੀ ਅਤੇ ਈਮਾਨ ਵਾਲੇ ਹਨ ਅਤੇ ਅੱਲਾਹ ਈਮਾਨ ਵਾਲੀਆਂ ਦਾ ਦੋਸਤ ਹੈ।

إِنَّ أَوْلَى ٱلنَّاسِ بِإِبْرَٰهِيمَ لَلَّذِينَ ٱتَّبَعُوهُ وَهَٰذَا ٱلنَّبِىُّ وَٱلَّذِينَ ءَامَنُوا۟ ۗ وَٱللَّهُ وَلِىُّ ٱلْمُؤْمِنِينَ ﴿68﴾

69. (ਹੇ ਈਮਾਨ ਵਾਲਿਓ) ਕਿਤਾਬ ਵਾਲਿਆਂ ਵਿੱਚੋਂ ਇਕ ਧੜਾ ਤੁਹਾਨੂੰ ਕੁਰਾਹੇ ਪਾਉਣਾ ਚਾਹੁੰਦਾ ਹੈ ਜਦ ਕਿ ਉਹ ਆਪਣੇ ਆਪ ਨੂੰ ਹੀ ਕੁਰਾਹੇ ਪਾ ਰਹੇ ਹਨ ਅਤੇ ਇਸ ਗੱਲ ਨੂੰ ਉਹ ਸਮਝਦੇ ਵੀ ਨਹੀਂ।

وَدَّت طَّآئِفَةٌ مِّنْ أَهْلِ ٱلْكِتَٰبِ لَوْ يُضِلُّونَكُمْ وَمَا يُضِلُّونَ إِلَّآ أَنفُسَهُمْ وَمَا يَشْعُرُونَ ﴿69﴾

70. ਹੇ ਕਿਤਾਬ ਵਾਲਿਓ! ਤੁਸੀਂ ਅੱਲਾਹ ਦੀਆਂ ਆਇਤਾਂ ਦਾ ਇਨਕਾਰ ਕਿਉਂ ਕਰ ਰਹੇ ਹੋ? ਜਦ ਕਿ ਤੁਸੀਂ ਆਪ ਇਹਨਾਂ ਦੇ ਸੱਚ ਹੋਣ ਦੇ ਗਵਾਹ ਹੋ।

يَٰٓأَهْلَ ٱلْكِتَٰبِ لِمَ تَكْفُرُونَ بِـَٔايَٰتِ ٱللَّهِ وَأَنتُمْ تَشْهَدُونَ ﴿70﴾

71. ਹੇ ਕਿਤਾਬ ਵਾਲਿਓ, ਤੁਸੀਂ ਸੱਚ ਅਤੇ ਝੂਠ ਨੂੰ ਕਿਉਂ ਗੱਡ ਮੱਡ ਕਰ ਰਹੇ ਹੋ? ਤੁਸੀਂ ਜਾਣ ਬੁਝ ਕੇ ਹੱਕ ਸੱਚ ਨੂੰ ਕਿਉਂ ਲੁਕਾ ਰਹੇ ਹੋ?

يَٰٓأَهْلَ ٱلْكِتَٰبِ لِمَ تَلْبِسُونَ ٱلْحَقَّ بِٱلْبَٰطِلِ وَتَكْتُمُونَ ٱلْحَقَّ وَأَنتُمْ تَعْلَمُونَ ﴿71﴾

72. ਕਿਤਾਬ ਵਾਲਿਆਂ ਵਿੱਚੋਂ ਇਕ ਧੜੇ ਨੇ (ਆਪਣੇ ਲੋਕਾਂ ਨੂੰ) ਕਿਹਾ ਕਿ ਜੋ ਕੁੱਝ ਵੀ ਮੁਸਲਮਾਨਾਂ ਉੱਤੇ (ਭਾਵ ਕੁਰਆਨ) ਉਤਾਰਿਆ ਗਿਆ ਹੈ, ਤੁਸੀਂ ਉਸ 'ਤੇ ਸਵੇਰੇ ਈਮਾਨ ਲਿਆਓ ਅਤੇ ਸ਼ਾਮ ਨੂੰ ਉਸ ਤੋਂ ਇਨਕਾਰ ਕਰ ਦਿਓ। ਤਾਂ ਜੋ ਇਹ ਲੋਕ ਵੀ ਈਮਾਨ ਤੋਂ ਫਿਰ ਜਾਣ।

وَقَالَتْ طَّائِفَةٌ مِّنْ أَهْلِ الْكِتَابِ آمِنُوا بِالَّذِي أُنزِلَ عَلَى الَّذِينَ آمَنُوا وَجْهَ النَّهَارِ وَاكْفُرُوا آخِرَهُ لَعَلَّهُمْ يَرْجِعُونَ (72)

73. ਤੁਸੀਂ ਆਪਣੇ ਦੀਨ (ਯਹੂਦੀ) 'ਤੇ ਚੱਲਣ ਵਾਲਿਆਂ ਦਾ ਹੀ ਵਿਸ਼ਵਾਸ ਕਰੋ। (ਹੇ ਨਬੀ!) ਤੁਸੀਂ ਆਖ ਦਿਓ ਕਿ ਹਿਦਾਇਤ ਤਾਂ ਉਹੋ ਹੈ ਜਿਹੜੀ ਅੱਲਾਹ ਵੱਲੋਂ ਹੈ। (ਕਿਤਾਬ ਵਾਲੇ) ਇਹ ਵੀ ਕਹਿੰਦੇ ਹਨ (ਕਿ ਇਸ ਗੱਲ 'ਤੇ ਵੀ ਯਕੀਨ ਨਾ ਕਰੋ) ਕਿ ਕਿਸੇ ਹੋਰ ਨੂੰ ਵੀ ਉਹ ਚੀਜ਼ ਦਿੱਤੀ ਜਾ ਸਕਦੀ ਹੈ ਜਿਹੜੀ ਤੁਹਾਨੂੰ ਦਿੱਤੀ ਗਈ ਹੈ ਜਾਂ ਜਿਸ ਰਾਹੀਂ ਇਹ ਤੁਹਾਡੇ ਰੱਬ ਕੋਲ ਜਾ ਕੇ ਤੁਹਾਡੇ ਵਿਰੁੱਧ ਕੋਈ ਦਲੀਲ ਪੇਸ਼ ਕਰ ਸਕਣ ਹੇ ਨਬੀ ਤੁਸੀਂ ਕਹਿ ਦਿਓ ਕਿ ਫ਼ਜ਼ਲ ਤਾਂ ਸਾਰੇ ਹੀ ਅੱਲਾਹ ਦੇ ਹੱਥ ਵਿਚ ਹਨ।[1] ਉਹ ਜਿਸ ਨੂੰ ਜੋ ਚਾਹੁੰਦਾ ਹੈ ਬਖ਼ਸ਼ ਦਿੰਦਾ ਹੈ। ਅੱਲਾਹ ਬਖ਼ਸ਼ਣ ਵਿਚ ਬਹੁਤ ਖੁੱਲ੍ਹਾ ਹੈ ਅਤੇ ਹਰ ਤਰ੍ਹਾਂ ਦਾ ਗਿਆਨ ਰੱਖਣ ਵਾਲਾ ਹੈ।

وَلَا تُؤْمِنُوا إِلَّا لِمَن تَبِعَ دِينَكُمْ قُلْ إِنَّ الْهُدَىٰ هُدَى اللَّهِ أَن يُؤْتَىٰ أَحَدٌ مِّثْلَ مَا أُوتِيتُمْ أَوْ يُحَاجُّوكُمْ عِندَ رَبِّكُمْ قُلْ إِنَّ الْفَضْلَ بِيَدِ اللَّهِ يُؤْتِيهِ مَن يَشَاءُ وَاللَّهُ وَاسِعٌ عَلِيمٌ (73)

74. ਉਹ (ਅੱਲਾਹ) ਆਪਣੀਆਂ ਮਿਹਰਾਂ ਲਈ ਜਿਸ ਨੂੰ ਚਾਹੁੰਦਾ ਹੈ ਵਿਸ਼ੇਸ਼ ਕਰ ਲੈਂਦਾ ਹੈ। ਅੱਲਾਹ ਵੱਡੇ ਫ਼ਜ਼ਲਾਂ ਵਾਲਾ ਹੈ।

يَخْتَصُّ بِرَحْمَتِهِ مَن يَشَاءُ وَاللَّهُ ذُو الْفَضْلِ الْعَظِيمِ (74)

[1] ਕੁਰਆਨ ਮਜੀਦ ਵਿਚ ਅੱਲਾਹ ਤਆਲਾ ਦੀਆਂ ਜਿਨ੍ਹਾਂ ਸਿਫ਼ਤਾਂ ਦੀ ਗੱਲ ਕੀਤੀ ਗਈ ਹੈ ਜਿਵੇਂ ਮੂੰਹ, ਅੱਖਾਂ ਹੱਥ, ਪਿੰਡਲੀ ਉਸ ਦਾ ਵਿਖਾਈ ਦੇਣ ਵਾਲੇ ਆਸਮਾਨ 'ਤੇ ਆਉਣਾ ਅਤੇ ਅਰਸ਼ 'ਤੇ ਬਿਰਾਜਮਾਨ ਹੋਣਾ ਆਦਿ ਭਾਵ ਜੋ ਵੀ ਅੱਲਾਹ ਨੇ ਆਪਣੇ ਸੰਬੰਧ ਵਿਚ ਦੱਸਿਆ ਹੈ ਅਤੇ ਜੋ ਹਦੀਸਾਂ ਵਿਚ ਹੈ ਉਹਨਾਂ ਸਭ ਤੇ ਅਹਲੇ ਸੁੰਨਤ ਦਾ ਇਕ ਮੱਤ ਹੋਣਾ ਹੈ ਕਿ ਉਹ ਅੱਲਾਹ ਤਆਲਾ ਦੀਆਂ ਇਹਨਾਂ ਸਿਫ਼ਤਾਂ ਤੇ ਖ਼ੂਬੀਆਂ ਉੱਤੇ ਬਿਨਾਂ ਕਿਸੇ ਦਲੀਲ ਈਮਾਨ ਲਿਆਉਂਦੇ ਹਨ। ਇਹ ਉਹ ਖ਼ੂਬੀਆਂ ਹਨ ਜਿਹੜੀਆਂ ਕੇਵਲ ਅੱਲਾਹ ਲਈ ਖ਼ਾਸ ਹਨ ਅਤੇ ਇਹਨਾਂ ਨੂੰ ਕਿਸੇ ਵਿਅਕਤੀ ਦੀਆਂ ਖ਼ੂਬੀਆਂ ਨਾਲ ਨਹੀਂ ਜੋੜਿਆ ਜਾ ਸਕਦਾ ਜਿਵੇਂ ਅੱਲਾਹ ਨੇ ਕੁਰਆਨ ਪਾਕ ਵਿਚ ਫ਼ਰਮਾਇਆ ਹੈ ਕਿ ਉਸ ਜਿਹੀ ਕੋਈ ਚੀਜ਼ ਨਹੀਂ (ਸੂਰਤ 11) ਅਤੇ ਸੂਰਤ ਇਖ਼ਲਾਸ ਵਿਚ ਹੈ ਕਿ ਉਸ ਜਿਹਾ ਹੋਰ ਕੋਈ ਵੀ ਨਹੀਂ।

75 ਕਿਤਾਬ ਵਾਲਿਆਂ ਵਿੱਚੋ ਕੁੱਝ (ਯਹੂਦੀ) ਅਜਿਹੇ ਵੀ ਹਨ ਕਿ ਜੇ ਤੁਸੀਂ ਉਹਨਾਂ ਨੂੰ ਮਾਲ ਦੌਲਤ ਦਾ ਇਕ ਢੇਰ ਵੀ (ਅਮਾਨਤ ਵਜੋਂ) ਸੰਭਾਲ ਦਿਓ ਤਾਂ ਵੀ ਉਹ ਤੁਹਾਨੂੰ ਮੁੜ ਅਦਾ ਕਰ ਦੇਣਗੇ ਪਰ ਉਹਨਾਂ ਵਿੱਚੋਂ ਕੁੱਝ ਅਜਿਹੇ ਵੀ ਹਨ ਕਿ ਜੇ ਤੁਸੀਂ ਉਹਨਾਂ ਕੋਲ ਇਕ ਦੀਨਾਰ ਵੀ ਅਮਾਨਤ ਵਜੋਂ ਰੱਖ ਦਿਓ ਤਾਂ ਵੀ ਅਦਾ ਨਹੀਂ ਕਰਨਗੇ, ਹਾਂ ਇਹ ਗੱਲ ਹੋਰ ਹੈ ਕਿ ਤੁਸੀਂ (ਆਪਣੀ ਅਮਾਨਤ ਲੈਣ ਲਈ) ਉਹਨਾਂ ਦੇ ਸਿਰ 'ਤੇ ਹੀ ਸਵਾਰ ਹੋ ਜਾਓ। ਉਹ ਇਹ ਵਤੀਰਾ ਇਸ ਲਈ ਕਰਦੇ ਹਨ ਕਿ ਉਹ ਆਖਦੇ ਹਨ ਕਿ ਸਾਡੇ ਉੱਤੇ ਇਹਨਾਂ ਉੱਮੀਆਂ (ਗੈਰ ਯਹੂਦੀ) ਦਾ ਹੱਕ ਮਾਰਨ 'ਤੇ ਕੋਈ ਗੁਨਾਹ ਨਹੀਂ। ਉਹ (ਯਹੂਦੀ) ਲੋਕ ਸਭ ਕੁੱਝ ਜਾਣਦੇ ਹੋਏ ਵੀ ਅੱਲਾਹ ਦੇ ਸਿਰ ਝੂਠ ਮੜ੍ਹਦੇ ਹਨ।

وَمِنْ أَهْلِ الْكِتَابِ مَنْ إِنْ تَأْمَنْهُ بِقِنْطَارٍ يُؤَدِّهِ
إِلَيْكَ وَمِنْهُمْ مَنْ إِنْ تَأْمَنْهُ بِدِينَارٍ لَا يُؤَدِّهِ
إِلَيْكَ إِلَّا مَا دُمْتَ عَلَيْهِ قَائِمًا ذَٰلِكَ بِأَنَّهُمْ
قَالُوا لَيْسَ عَلَيْنَا فِي الْأُمِّيِّينَ سَبِيلٌ وَيَقُولُونَ
عَلَى اللَّهِ الْكَذِبَ وَهُمْ يَعْلَمُونَ ٧٥

76 ਹਾਂ (ਅਮਾਨਤਾਂ ਬਾਰੇ) ਪੁੱਛ ਗਿੱਛ ਜ਼ਰੂਰ ਹੋਵੇਗੀ। ਜੋ ਵੀ ਆਪਣੇ ਬਚਨਾਂ ਨੂੰ ਪੂਰਾ ਕਰੇਗਾ ਅਤੇ ਅੱਲਾਹ ਤੋਂ ਡਰੇਗਾ ਤਾਂ ਬੇਸ਼ੱਕ ਅੱਲਾਹ ਵੀ ਬੁਰਾਈਆਂ ਤੋਂ ਬਚਣ ਵਾਲਿਆਂ ਨੂੰ ਪਸੰਦ ਕਰਦਾ ਹੈ।

بَلَىٰ مَنْ أَوْفَىٰ بِعَهْدِهِ وَاتَّقَىٰ فَإِنَّ اللَّهَ
يُحِبُّ الْمُتَّقِينَ ٧٦

77. ਬੇਸ਼ੱਕ ਜੋ ਲੋਕ ਅੱਲਾਹ ਦੇ ਨਾਲ ਕੀਤੇ ਬਚਨਾਂ ਨੂੰ ਅਤੇ ਆਪਣੀਆਂ ਸਹੁੰਆਂ ਨੂੰ ਘੱਟ ਮੁੱਲ 'ਤੇ (ਭਾਵ ਸੰਸਾਰਿਕ ਲਾਭ ਲਈ) ਵੇਚ ਸੁਟਦੇ ਹਨ ਉਹਨਾਂ ਦਾ ਆਖ਼ਿਰਤ ਵਿਚ ਕੁੱਝ ਵੀ ਹਿੱਸਾ ਨਹੀਂ। ਕਿਆਮਤ ਵਾਲੇ ਦਿਨ ਅੱਲਾਹ ਨਾ ਉਹਨਾਂ ਨਾਲ ਗੱਲ ਕਰੇਗਾ, ਨਾ ਹੀ ਉਹਨਾਂ ਵੱਲ ਵੇਖੇਗਾ ਅਤੇ ਨਾ ਹੀ ਉਹਨਾਂ ਨੂੰ ਪਾਕ (ਭਾਵ ਮੁਆਫ਼) ਕਰੇਗਾ। ਉਹਨਾਂ ਲਈ ਤਾਂ ਬੜਾ ਹੀ ਦੁਖਦਾਈ ਅਜ਼ਾਬ ਹੈ।

إِنَّ الَّذِينَ يَشْتَرُونَ بِعَهْدِ اللَّهِ وَأَيْمَانِهِمْ ثَمَنًا
قَلِيلًا أُولَٰئِكَ لَا خَلَاقَ لَهُمْ فِي الْآخِرَةِ وَلَا
يُكَلِّمُهُمُ اللَّهُ وَلَا يَنْظُرُ إِلَيْهِمْ يَوْمَ الْقِيَامَةِ
وَلَا يُزَكِّيهِمْ وَلَهُمْ عَذَابٌ أَلِيمٌ ٧٧

78. ਉਹਨਾਂ ਵਿਚ ਇਕ ਟੋਲਾ ਕਿਤਾਬ ਪੜ੍ਹਦੇ ਹੋਏ ਇਸ ਤਰ੍ਹਾਂ ਜ਼ਬਾਨ ਨੂੰ ਵਲ ਦਿੰਦਾ ਹੈ ਕਿ ਤੁਸੀਂ ਉਸੇ ਨੂੰ ਹੀ ਕਿਤਾਬ ਦਾ ਹਿੱਸਾ ਸਮਝੋ, ਜੱਦ ਕਿ ਉਹ ਕਿਤਾਬ ਵਿੱਚੋਂ ਨਹੀਂ ਹੁੰਦਾ ਅਤੇ ਇਹ ਵੀ ਕਹਿੰਦੇ ਹਨ ਕਿ ਇਹ ਅੱਲਾਹ ਵੱਲੋਂ ਹੀ ਹੈ, ਜੱਦ ਕਿ ਇਹ ਅੱਲਾਹ ਵੱਲੋਂ ਨਹੀਂ, ਉਹ ਤਾਂ ਜਾਣਦੇ ਬੁਝਦੇ ਹੋਏ ਅੱਲਾਹ ਦੇ ਸਿਰ ਝੂਠ ਮੜ੍ਹਦੇ ਹਨ।

وَإِنَّ مِنْهُمْ لَفَرِيقًا يَلْوُۥنَ أَلْسِنَتَهُم بِٱلْكِتَٰبِ
لِتَحْسَبُوهُ مِنَ ٱلْكِتَٰبِ وَمَا هُوَ مِنَ ٱلْكِتَٰبِ
وَيَقُولُونَ هُوَ مِنْ عِندِ ٱللَّهِ وَمَا هُوَ مِنْ عِندِ ٱللَّهِ
وَيَقُولُونَ عَلَى ٱللَّهِ ٱلْكَذِبَ وَهُمْ يَعْلَمُونَ ﴿٧٨﴾

79 ਕਿਸੇ ਵੀ ਅਜਿਹੇ ਵਿਅਕਤੀ ਨੂੰ ਜਿਸ ਨੂੰ ਅੱਲਾਹ ਹਿਕਮਤ ਅਤੇ ਪੈਗ਼ੰਬਰੀ ਬਖ਼ਸ਼ੇ ਉਸ ਲਈ ਇਹ ਉਚਿਤ ਨਹੀਂ ਕਿ ਫੇਰ ਵੀ ਉਹ ਲੋਕਾਂ ਨੂੰ ਆਖੇ ਕਿ ਤੁਸੀਂ ਅੱਲਾਹ ਨੂੰ ਛੱਡ ਕੇ ਮੇਰੇ ਗ਼ੁਲਾਮ ਬਣ ਜਾਓ, ਸਗੋਂ ਉਹ ਤਾਂ ਇਹੋ ਕਹਿਣਗੇ ਕਿ ਤੁਸੀਂ ਸਾਰੇ ਰੱਬ ਦੇ ਗ਼ੁਲਾਮ ਬਣ ਜਾਓ ਜਿਵੇਂ ਕਿ ਉਹ ਕਿਤਾਬ ਤੁਹਾਨੂੰ ਇਹੋ ਸਿੱਖਿਆ ਦਿੰਦੀ ਹੈ ਜਿਸ ਨੂੰ ਤੁਸੀਂ ਪੜ੍ਹਦੇ ਹੋ।

مَا كَانَ لِبَشَرٍ أَن يُؤْتِيَهُ ٱللَّهُ ٱلْكِتَٰبَ وَٱلْحُكْمَ
وَٱلنُّبُوَّةَ ثُمَّ يَقُولَ لِلنَّاسِ كُونُوا۟ عِبَادًا لِّى مِن
دُونِ ٱللَّهِ وَلَٰكِن كُونُوا۟ رَبَّٰنِيِّـۧنَ بِمَا كُنتُمْ تُعَلِّمُونَ
ٱلْكِتَٰبَ وَبِمَا كُنتُمْ تَدْرُسُونَ ﴿٧٩﴾

80. ਉਹ ਤੁਹਾਨੂੰ ਇਹ ਵੀ ਨਹੀਂ ਆਖੇਗਾ ਕਿ ਫ਼ਰਿਸ਼ਤਿਆਂ ਅਤੇ ਨਬੀਆਂ ਨੂੰ ਆਪਣਾ ਰੱਬ ਬਣਾ ਲਓ।[1] ਕੀ ਉਹ ਨਬੀ ਤੁਹਾਨੂੰ ਕੁਫ਼ਰ ਕਰਨ ਦਾ ਹੁਕਮ ਦੇਵੇਗਾ, ਜਦ ਕਿ ਤੁਸੀਂ ਮੁਸਲਮਾਨ ਹੋ?

وَلَا يَأْمُرَكُمْ أَن تَتَّخِذُوا۟ ٱلْمَلَٰٓئِكَةَ وَٱلنَّبِيِّـۧنَ أَرْبَابًا ۗ
أَيَأْمُرُكُم بِٱلْكُفْرِ بَعْدَ إِذْ أَنتُم مُّسْلِمُونَ ﴿٨٠﴾

81. ਉਹ ਵੇਲਾ ਯਾਦ ਕਰੋ ਜਦੋਂ ਅੱਲਾਹ ਨੇ ਸਾਰੇ ਨਬੀਆਂ ਤੋਂ ਇਹ ਬਚਨ ਲਿਆ ਸੀ ਕਿ ਜਦੋਂ ਮੈਂ ਤੁਹਾਨੂੰ ਕਿਤਾਬ ਅਤੇ ਦਾਨਾਈ ਨਾਲ ਨਵਾਜ਼ਾਂ ਅਤੇ ਫੇਰ ਤੁਹਾਡੇ ਕੋਲ ਕੋਈ ਰਸੂਲ ਆਵੇ ਜਿਹੜਾ ਇਸ ਕਿਤਾਬ ਦੀ ਪੁਸ਼ਟੀ ਕਰਦਾ ਹੋਵੇ ਜਿਹੜੀ ਤੁਹਾਡੇ ਕੋਲ ਹੈ ਤਾਂ ਤੁਹਾਨੂੰ ਉਸ 'ਤੇ ਈਮਾਨ

وَإِذْ أَخَذَ ٱللَّهُ مِيثَٰقَ ٱلنَّبِيِّـۧنَ لَمَآ ءَاتَيْتُكُم
مِّن كِتَٰبٍ وَحِكْمَةٍ ثُمَّ جَآءَكُمْ رَسُولٌ
مُّصَدِّقٌ لِّمَا مَعَكُمْ لَتُؤْمِنُنَّ بِهِۦ وَلَتَنصُرُنَّهُۥ ۚ
قَالَ ءَأَقْرَرْتُمْ وَأَخَذْتُمْ عَلَىٰ ذَٰلِكُمْ إِصْرِى ۖ
قَالُوٓا۟ أَقْرَرْنَا ۚ قَالَ فَٱشْهَدُوا۟ وَأَنَا۠ مَعَكُم
مِّنَ ٱلشَّٰهِدِينَ ﴿٨١﴾

[1] ਭਾਵ ਪੈਗ਼ੰਬਰ ਲੋਕਾਂ ਨੂੰ ਕੇਵਲ ਅੱਲਾਹ ਵੱਲ ਹੀ ਬੁਲਾਉਂਦੇ ਹਨ ਇਸੇ ਲਈ ਆਪਣੀ ਪ੍ਰਸ਼ੰਸਾ ਵਿਚ ਵਾਧੂ ਗੱਲਾਂ ਕਹਿਣ ਤੋਂ ਰੋਕਦੇ ਹਨ ਤਾਂ ਜੋ ਲੋਕੀ ਉਹਨਾਂ ਨੂੰ ਵੀ ਰੱਬੀ ਸਿਫ਼ਤਾਂ ਵਿਚ ਸਾਂਝੀ ਨਾ ਸਮਝ ਲੈਣ। ਨਬੀ ਕਰੀਮ ਸ. ਨੇ ਫ਼ਰਮਾਇਆ ਕਿ ਮੇਰੀ ਪ੍ਰਸ਼ੰਸਾ ਇੰਨੀ ਨਾ ਕਰੋ ਜਿਵੇਂ ਈਸਾਈਆਂ ਨੇ ਮਰੀਅਮ ਦੇ ਪੁੱਤਰ ਈਸਾ ਦੀ ਕੀਤੀ ਸੀ ਮੈਂ ਤਾਂ ਬਸ ਅੱਲਾਹ ਦਾ ਬੰਦਾ ਹਾਂ ਤਾਂ ਤੁਸੀਂ ਇਹ ਕਹੋ ਕਿ ਅੱਲਾਹ ਦਾ ਬੰਦਾ ਅਤੇ ਉਸ ਦਾ ਰਸੂਲ। (ਸਹੀ ਬੁਖ਼ਾਰੀ, ਹਦੀਸ: 3445)

ਲਿਆਉਣਾ ਹੋਵੇਗਾ ਤੇ ਉਸ ਦੀ ਮਦਦ ਕਰਨੀ ਹੋਵੇਗੀ। ਅੱਲਾਹ ਨੇ ਫ਼ਰਮਾਇਆ, ਕੀ ਤੁਸੀਂ ਇਕਰਾਰ ਕਰਦੇ ਹੋ ਅਤੇ ਇਸ ਉੱਤੇ ਮੇਰੇ ਵੱਲੋਂ ਵਚਨ ਦੀ ਜ਼ਿੰਮੇਵਾਰੀ ਚੁੱਕਦੇ ਹੋ? ਉਹਨਾਂ ਨੇ ਕਿਹਾ ਕਿ ਹਾਂ। ਅਸੀਂ ਇਕਰਾਰ ਕਰਦੇ ਹਾਂ। ਅੱਲਾਹ ਨੇ ਫ਼ਰਮਾਇਆ, ਕਿ ਤੁਸੀਂ ਗਵਾਹ ਰਹਿਣਾ ਅਤੇ ਮੈਂ ਵੀ ਤੁਹਾਡੇ (ਇਕਰਾਰ) ਦੀ ਗਵਾਹੀ ਦਿੰਦਾ ਹਾਂ।

82. ਹੁਣ ਇਸ ਪਿੱਛੋਂ ਜਿਹੜਾ ਵੀ (ਆਪਣੇ ਇਕਰਾਰ ਤੋਂ) ਫਿਰ ਜਾਵੇ ਉਹੀਓ ਨਾ ਫ਼ਰਮਾਨ ਹੈ।

فَمَنْ تَوَلّٰى بَعْدَ ذٰلِكَ فَاُولٰٓئِكَ هُمُ الْفٰسِقُوْنَ ﴿٨٢﴾

83. ਕੀ ਉਹ ਲੋਕ ਅੱਲਾਹ ਦੇ ਦੀਨ ਨੂੰ ਛੱਡ ਕੇ ਕਿਸੇ ਹੋਰ ਦੀਨ ਦੀ ਭਾਲ ਵਿਚ ਹਨ ਜਦੋਂ ਕਿ ਸਾਰੇ ਹੀ ਧਰਤੀ ਵਾਲੇ ਤੇ ਅਕਾਸ਼ਾਂ ਵਾਲੇ ਚਾਹੁੰਦਿਆਂ ਅਤੇ ਨਾ ਚਾਹੁੰਦਿਆਂ ਵੀ ਅੱਲਾਹ ਦੇ ਤਾਬੇਦਾਰ ਹਨ। ਸਭ ਨੂੰ ਉਸੇ ਵੱਲ ਹੀ ਪਰਤ ਕੇ ਜਾਣਾ ਹੈ।

اَفَغَيْرَ دِيْنِ اللّٰهِ يَبْغُوْنَ وَلَهٗٓ اَسْلَمَ مَنْ فِى السَّمٰوٰتِ
وَالْاَرْضِ طَوْعًا وَّكَرْهًا وَّاِلَيْهِ يُرْجَعُوْنَ ﴿٨٣﴾

84. (ਹੇ ਨਬੀ!) ਤੁਸੀਂ ਆਖ ਦਿਓ ਕਿ ਅਸੀਂ ਅੱਲਾਹ 'ਤੇ ਅਤੇ ਉਸ 'ਤੇ ਵੀ, ਜੋ ਸਾਡੇ 'ਤੇ ਨਾਜ਼ਿਲ (ਕੁਰਆਨ) ਕੀਤਾ ਗਿਆ, ਈਮਾਨ ਲਿਆਏ ਹਾਂ ਅਤੇ ਜੋ ਇਬਰਾਹੀਮ ਇਸਮਾਈਲ, ਇਸਹਾਕ, ਯਾਕੂਬ ਅਤੇ ਉਹਨਾਂ ਦੀ ਔਲਾਦ 'ਤੇ ਉਤਾਰਿਆ ਅਤੇ ਉਹਨਾਂ ਕਿਤਾਬਾਂ 'ਤੇ ਵੀ ਜਿਹੜੀਆਂ ਮੂਸਾ, ਈਸਾ, ਅਤੇ ਦੂਜੇ ਨਬੀਆਂ ਨੂੰ ਉਹਨਾਂ ਦੇ ਰੱਬ ਵੱਲੋਂ ਦਿੱਤੀਆਂ ਗਈਆਂ ਉਹਨਾਂ ਸਭ 'ਤੇ ਵੀ (ਈਮਾਨ ਲਿਆਏ ਹਾਂ)। ਅਸੀਂ ਇਹਨਾਂ ਵਿਚਾਲੋਂ ਕੋਈ ਵੀ ਵਿਤਕਰਾ ਨਹੀਂ ਕਰਦੇ, ਅਸੀਂ ਤਾਂ ਅੱਲਾਹ ਦੇ ਫ਼ਰਮਾਬਰਦਾਰ ਹਾਂ।

قُلْ اٰمَنَّا بِاللّٰهِ وَمَآ اُنْزِلَ عَلَيْنَا وَمَآ اُنْزِلَ عَلٰٓى
اِبْرٰهِيْمَ وَاِسْمٰعِيْلَ وَاِسْحٰقَ وَيَعْقُوْبَ وَالْاَسْبَاطِ
وَمَآ اُوْتِىَ مُوْسٰى وَعِيْسٰى وَالنَّبِيُّوْنَ مِنْ رَّبِّهِمْ
لَا نُفَرِّقُ بَيْنَ اَحَدٍ مِّنْهُمْ ۖ وَنَحْنُ لَهٗ
مُسْلِمُوْنَ ﴿٨٤﴾

85. ਜੋ ਵੀ ਵਿਅਕਤੀ ਇਸਲਾਮ ਧਰਮ ਨੂੰ ਛੱਡ ਕਿਸੇ ਹੋਰ ਧਰਮ ਦੀ ਪੈਰਵੀ ਕਰੇਗਾ,[1] ਉਸ ਦੇ ਧਰਮ ਨੂੰ ਕਬੂਲਿਆ ਨਹੀਂ ਜਾਵੇਗਾ ਅਤੇ ਉਹ ਆਖ਼ਿਰਤ ਦਿਹਾੜੇ ਘਾਟੇ ਵਿਚ ਰਹੇਗੋ।

وَمَن يَبْتَغِ غَيْرَ الْإِسْلَامِ دِينًا فَلَن يُقْبَلَ
مِنْهُ وَهُوَ فِي الْآخِرَةِ مِنَ الْخَاسِرِينَ ﴿٨٥﴾

86. ਅੱਲਾਹ ਉਹਨਾਂ ਲੋਕਾਂ ਨੂੰ ਕਿਵੇਂ ਹਿਦਾਇਤ ਦੇਵੇਗਾ ਜਿਹੜੇ ਈਮਾਨ ਲਿਆਉਣ ਤੋਂ ਮਗਰੋਂ ਮੁੜ ਕਾਫ਼ਿਰ ਹੋ ਗਏ ਜਦ ਕਿ ਉਹ ਗਵਾਹੀ ਦੇ ਚੁੱਕੇ ਹਨ ਕਿ ਬੇਸ਼ੱਕ ਰਸੂਲ (ਸ:) ਹੱਕ 'ਤੇ ਹਨ ਅਤੇ ਉਹਨਾਂ ਕੋਲ (ਨਬੀ ਹੋਣ ਦੀਆਂ) ਖੁੱਲੀਆਂ ਨਿਸ਼ਾਨੀਆਂ ਆ ਚੁੱਕੀਆਂ ਹਨ। ਅੱਲਾਹ ਜ਼ਾਲਮਾਂ ਨੂੰ ਸਿੱਧੀ ਰਾਹ ਨਹੀਂ ਪਾਇਆ ਕਰਦਾ।

كَيْفَ يَهْدِي اللَّهُ قَوْمًا كَفَرُوا بَعْدَ إِيمَانِهِمْ
وَشَهِدُوا أَنَّ الرَّسُولَ حَقٌّ وَجَاءَهُمُ الْبَيِّنَاتُ ۚ
وَاللَّهُ لَا يَهْدِي الْقَوْمَ الظَّالِمِينَ ﴿٨٦﴾

87 ਉਹਨਾਂ ਦੀ ਸਜ਼ਾ ਤਾਂ ਇਹੋ ਹੈ ਕਿ ਉਹਨਾਂ 'ਤੇ ਅੱਲਾਹ ਦੀ, ਫ਼ਰਿਸ਼ਤਿਆਂ ਦੀ ਅਤੇ ਸਾਰੇ ਲੋਕਾਂ ਵੱਲੋਂ ਫ਼ਿਟਕਾਰ ਹੈ।

أُولَٰئِكَ جَزَاؤُهُمْ أَنَّ عَلَيْهِمْ لَعْنَةَ اللَّهِ وَالْمَلَائِكَةِ
وَالنَّاسِ أَجْمَعِينَ ﴿٨٧﴾

88. ਇਹ ਲੋਕ (ਇਸ ਹਾਲਤ ਵਿਚ) ਸਦਾ ਲਈ ਰਹਿਣਗੇ, ਨਾ ਤਾਂ ਉਹਨਾਂ ਦੀ ਸਜ਼ਾ ਘਟਾਈ ਜਾਵੇਗੀ ਅਤੇ ਨਾ ਹੀ ਉਹਨਾਂ ਨੂੰ ਮੋਹਲਤ ਦਿੱਤੀ ਜਾਵੇਗੀ।

خَالِدِينَ فِيهَا لَا يُخَفَّفُ عَنْهُمُ الْعَذَابُ
وَلَا هُمْ يُنظَرُونَ ﴿٨٨﴾

89. ਪਰ ਜਿਹੜੇ ਲੋਕ ਇਸ (ਇਨਕਾਰ) ਤੋਂ ਬਾਅਦ ਤੌਬਾ ਕਰਕੇ ਆਪਣਾ ਸੁਧਾਰ ਕਰ ਲੈਣ (ਉਹੀ ਸਜ਼ਾ ਤੋਂ ਬਚ ਸਕਣਗੇ) ਬੇਸ਼ੱਕ ਅੱਲਾਹ ਬਖ਼ਸ਼ਣਹਾਰ ਅਤੇ ਮਿਹਰਾਂ ਕਰਨ ਵਾਲਾ ਹੈ।

إِلَّا الَّذِينَ تَابُوا مِن بَعْدِ ذَٰلِكَ وَأَصْلَحُوا
فَإِنَّ اللَّهَ غَفُورٌ رَّحِيمٌ ﴿٨٩﴾

---

[1] ਇਸ ਤੋਂ ਪਤਾ ਲੱਗਦਾ ਹੈ ਕਿ ਨਬੀ ਕਰੀਮ ਸ: ਦੀ ਰਸਾਲਤ 'ਤੇ ਈਮਾਨ ਲਿਆਉਣ ਫ਼ਰਜ਼ ਹੈ ਆਪ ਜੀ ਨੇ ਫ਼ਰਮਾਇਆ ਉਸ ਅੱਲਾਹ ਦੀ ਕਸਮ ਜਿਸ ਦੇ ਹੱਥ ਵਿਚ ਮੁਹੰਮਦ ਦੀ ਜਾਨ ਹੈ ਇਸ ਉੱਮਤ ਦੇ ਯਹੂਦੀ ਤੇ ਈਸਾਈਆਂ ਵਿੱਚੋਂ ਜਿਹੜਾ ਵੀ ਮੇਰੇ ਬਾਰੇ ਸੁਣੇ ਅਤੇ ਫੇਰ ਵੀ ਮੇਰੇ ਲਿਆਂਦੇ ਹੋਏ ਸੁਨੇਹੇ 'ਤੇ ਈਮਾਨ ਲਿਆਏ ਬਿਨਾਂ ਮਰ ਜਾਵੇ ਤਾਂ ਉਹ ਸਦਾ ਲਈ ਨਰਕ ਵਿਚ ਰਹੇਗਾ। (ਸਹੀ ਬੁਖ਼ਾਰੀ, ਹਦੀਸ: 153)

إِنَّ الَّذِينَ كَفَرُوا بَعْدَ إِيمَانِهِمْ ثُمَّ ازْدَادُوا كُفْرًا
لَّن تُقْبَلَ تَوْبَتُهُمْ وَأُولَٰئِكَ هُمُ الضَّالُّونَ ٩٠

90. ਬੇਸ਼ੱਕ ਜਿਹੜੇ ਲੋਕ ਈਮਾਨ ਲਿਆਉਣ ਤੋਂ ਬਾਅਦ ਇਨਕਾਰ ਕਰਨ ਅਤੇ ਇਨਕਾਰ ਵਿਚ ਵਧਦੇ ਹੀ ਚਲੇ ਗਏ ਉਹਨਾਂ ਦੀ ਤੌਬਾ ਕਦੇ ਵੀ ਕਬੂਲ ਨਹੀਂ ਕੀਤੀ ਜਾਵੇਗੀ ਇਹੋ ਭਟਕੇ ਹੋਏ ਲੋਕ ਹਨ।

إِنَّ الَّذِينَ كَفَرُوا وَمَاتُوا وَهُمْ كُفَّارٌ فَلَن يُقْبَلَ
مِنْ أَحَدِهِم مِّلْءُ الْأَرْضِ ذَهَبًا وَلَوِ افْتَدَىٰ
بِهِ ۗ أُولَٰئِكَ لَهُمْ عَذَابٌ أَلِيمٌ وَمَا لَهُم مِّن
نَّاصِرِينَ ٩١

91. ਜਿਹੜੇ ਲੋਕਾਂ ਨੇ ਇਨਕਾਰ ਕੀਤਾ ਅਤੇ ਇਨਕਾਰ ਦੀ ਹਾਲਤ ਵਿਚ ਹੀ ਮਰ ਜਾਣ ਉਹਨਾਂ ਵਿੱਚੋਂ ਜੇ ਕੋਈ (ਕਿਆਮਤ ਦੇ ਦਿਨ) ਆਪਣੇ ਆਪ ਨੂੰ ਨਰਕ ਤੋਂ ਬਚਾਉਣ ਲਈ ਬਦਲੇ ਵਿਚ ਧਰਤੀ ਜਿੰਨਾ ਸੋਨਾ ਵੀ ਦੇਵੇ ਤਾਂ ਵੀ ਕਬੂਲਿਆ ਨਹੀਂ ਜਾਵੇਗਾ।[1] ਇਹ ਉਹ ਲੋਕ ਹਨ ਜਿਨ੍ਹਾਂ ਲਈ ਦਰਦਨਾਕ ਅਜ਼ਾਬ ਹੈ ਅਤੇ ਜਿਨ੍ਹਾਂ ਦਾ ਕੋਈ ਸਹਾਈ ਨਹੀਂ ਹੋਵੇਗਾ।

---

[1] ਨਬੀ ਕਰੀਮ ਸ: ਨੇ ਫ਼ਰਮਾਇਆ ਕਿਆਮਤ ਦੇ ਦਿਨ ਕਾਫ਼ਰਾਂ ਨੂੰ ਜਦੋਂ ਲਿਆਇਆ ਜਾਵੇਗਾ ਤਾਂ ਕਿਹਾ ਜਾਵੇਗਾ ਭਲਾ ਦੱਸ ਤਾਂ ਸਹੀ ਕਿ ਜੇ ਤੇਰੇ ਕੋਲ ਇਸ ਸਮੇਂ ਧਰਤੀ ਜਿੰਨਾ ਸੋਨਾ ਹੋਵੇ ਤਾਂ ਕੀ ਤੂੰ ਆਪਣੇ ਆਪ ਨੂੰ ਨਰਕ ਦੀ ਅੱਗ ਤੋਂ ਬਚਾਉਣ ਲਈ ਬਦਲੇ ਵਿਚ ਦੇ ਦੇਵੇਂਗਾ? ਤਾਂ ਉਹ ਆਖੇਗਾ ਹਾਂ ਤਾਂ ਫ਼ੇਰ ਉਸ ਨੂੰ ਕਿਹਾ ਜਾਵੇਗਾ ਕਿ ਦੁਨੀਆਂ ਵਿਚ ਇਸ ਤੋਂ ਆਸਾਨ ਗੱਲ ਕੇਵਲ ਇਸਲਾਮ ਕਬੂਲ ਕਰਨ ਲਈ ਕਿਹਾ ਗਿਆ ਸੀ ਪਰ ਤੁਹਾਡੇ 'ਤੇ ਬੇ-ਭਾਗੀ ਭਾਰੂ ਆ ਗਈ ਅਤੇ ਤੁਸੀਂ ਇਨਕਾਰ ਕਰ ਦਿੱਤਾ। (ਸਹੀ ਬੁਖ਼ਾਰੀ, ਹਦੀਸ: 6538)

92. ਜਦੋਂ ਤਕ ਤੁਸੀਂ ਆਪਣੀ ਪਸੰਦ ਦੀਆਂ ਵਸਤੂਆਂ ਨੂੰ ਅੱਲਾਹ ਦੀ ਰਾਹ ਵਿਚ ਖ਼ਰਚ ਨਹੀਂ ਕਰੋਗੇ ਤੁਸੀਂ ਕਦੇ ਵੀ ਭਲਾਈ (ਨੇਕੀ) ਨਹੀਂ ਪਾ ਸਕੋਗੇ ਅਤੇ ਜੋ ਵੀ ਤੁਸੀਂ ਖ਼ਰਚ ਕਰੋਗੇ ਅੱਲਾਹ ਉਸ ਨੂੰ ਭਲੀ-ਭਾਂਤ ਜਾਣਦਾ ਹੈ।

لَنْ تَنَالُوا الْبِرَّ حَتّٰى تُنْفِقُوْا مِمَّا تُحِبُّوْنَ ؕ وَمَا تُنْفِقُوْا مِنْ شَیْءٍ فَاِنَّ اللّٰهَ بِهٖ عَلِیْمٌ ﴿۹۲﴾

93. ਬਨੀ ਇਸਰਾਈਲ ਲਈ ਖਾਣ ਵਾਲੀਆਂ ਸਾਰੀਆਂ ਚੀਜ਼ਾਂ ਹਲਾਲ ਸਨ, ਛੁੱਟ ਉਹਨਾਂ ਚੀਜ਼ਾਂ ਤੋਂ ਜਿਨ੍ਹਾਂ ਨੂੰ ਤੌਰੈਤ ਨਾਜ਼ਲ ਹੋਣ ਤੋਂ ਪਹਿਲਾਂ ਯਾਕੂਬ ਨੇ ਆਪਣੇ ਉੱਤੇ ਹਰਾਮ ਕਰ ਲਿਆ ਸੀ। (ਹੇ ਮੁਹੱਮਦ.) ਤੁਸੀਂ ਆਖ ਦਿਓ ਕਿ ਜੇ ਤੁਸੀਂ ਸੱਚੇ ਹੋ ਤਾਂ ਤੌਰੈਤ ਲੈ ਆਓ ਅਤੇ (ਉਸ ਨੂੰ) ਪੜ੍ਹੋ।

كُلُّ الطَّعَامِ كَانَ حِلًّا لِّبَنِیْۤ اِسْرَآءِیْلَ اِلَّا مَا حَرَّمَ اِسْرَآءِیْلُ عَلٰی نَفْسِهٖ مِنْ قَبْلِ اَنْ تُنَزَّلَ التَّوْرٰىةُ ؕ قُلْ فَاْتُوْا بِالتَّوْرٰىةِ فَاتْلُوْهَاۤ اِنْ كُنْتُمْ صٰدِقِیْنَ ﴿۹۳﴾

94. ਇਸ (ਦਲੀਲ) ਤੋਂ ਪਿੱਛੋਂ ਵੀ ਜਿਹੜੇ ਲੋਕ ਅੱਲਾਹ ਉੱਤੇ ਝੂਠੀਆਂ ਗੱਲਾਂ ਜੋੜਦੇ ਹਨ ਉਹੀਓ ਅਸਲ ਜ਼ਾਲਮ ਹਨ।

فَمَنِ افْتَرٰی عَلَی اللّٰهِ الْكَذِبَ مِنْۢ بَعْدِ ذٰلِكَ فَاُولٰٓئِكَ هُمُ الظّٰلِمُوْنَ ﴿۹۴﴾

95. (ਹੇ ਨਬੀ!) ਆਖ ਦਿਓ ਕਿ ਅੱਲਾਹ ਦਾ ਫ਼ਰਮਾਨ ਸੱਚਾ ਹੈ, ਸੋ ਤੁਸੀਂ ਸਾਰੇ ਇਬਰਾਹੀਮ ਦੇ ਤਰੀਕੇ ਦੀ ਪੈਰਵੀ ਕਰੋ ਜਿਹੜਾ ਕਿ ਹੱਕ ਦਾ ਪੁਜਾਰੀ ਸੀ ਅਤੇ ਮੁਸ਼ਰਕੀਨ[1] ਵਿੱਚੋਂ ਨਹੀਂ ਸੀ।

قُلْ صَدَقَ اللّٰهُ ۫ فَاتَّبِعُوْا مِلَّةَ اِبْرٰهِیْمَ حَنِیْفًا ؕ وَمَا كَانَ مِنَ الْمُشْرِكِیْنَ ﴿۹۵﴾

96. ਅੱਲਾਹ ਦਾ ਪਹਿਲਾ ਘਰ ਜੋ ਲੋਕਾਂ (ਦੀ ਇਬਾਦਤ) ਲਈ ਮੁਕੱਰਰ ਕੀਤਾ ਗਿਆ ਹੈ ਉਹੀਓ ਹੈ ਜਿਹੜਾ (ਸ਼ਹਿਰ) ਮੱਕਾ ਵਿਖੇ ਹੈ। ਉਹ ਸਾਰੀ ਦੁਨੀਆਂ ਲਈ ਬਰਕਤਾਂ ਤੇ ਹਿਦਾਇਤ ਵਾਲੀ ਥਾਂ ਹੈ।

اِنَّ اَوَّلَ بَیْتٍ وُّضِعَ لِلنَّاسِ لَلَّذِیْ بِبَكَّةَ مُبٰرَكًا وَّهُدًی لِّلْعٰلَمِیْنَ ﴿۹۶﴾

---

[1] ਮੁਸ਼ਰਕੀਨ ਤੋਂ ਭਾਵ ਉਹ ਲੋਕ ਜਿਹੜੇ ਅੱਲਾਹ ਦੇ ਨਾਲ ਕਿਸੇ ਦੂਜੇ ਨੂੰ ਉਸ ਦੀਆਂ ਖ਼ੂਬੀਆਂ ਤੇ ਸ਼ਕਤੀਆਂ ਵਿਚ ਸ਼ਰੀਕ ਕਰਦੇ ਹਨ।

97. ਉਸ ਵਿਚ ਖੁੱਲ੍ਹੀਆਂ ਨਿਸ਼ਾਨੀਆਂ ਹਨ ਮੁਕਾਮੇ ਇਬਰਾਹੀਮ ਹੈ, ਜਿਹੜਾ ਇੱਥੇ ਜਾਵੇਗਾ ਅਮਨ ਵਿਚ ਆ ਜਾਂਦਾ ਹੈ। ਅੱਲਾਹ ਨੇ ਉਹਨਾਂ ਲੋਕਾਂ ਲਈ ਜੋ ਇਸ ਵੱਲ ਸਫ਼ਰ ਕਰ ਸਕਦੇ ਹਨ ਇਸ ਘਰ ਦਾ ਹੱਜ ਕਰਨਾ ਫ਼ਰਜ਼ ਕਰ ਦਿੱਤਾ ਹੈ। ਜਿਹੜਾ (ਹੱਜ ਦਾ) ਇਨਕਾਰ ਕਰੇ ਤਾਂ ਅੱਲਾਹ ਸਾਰੀ ਦੁਨੀਆਂ ਤੋਂ ਬੇਪਰਵ੍ਹਾ ਹੈ।

فِيهِ آيَاتٌ بَيِّنَاتٌ مَقَامُ إِبْرَاهِيمَ ۖ
وَمَنْ دَخَلَهُ كَانَ آمِنًا ۗ وَلِلَّهِ عَلَى النَّاسِ
حِجُّ الْبَيْتِ مَنِ اسْتَطَاعَ إِلَيْهِ سَبِيلًا ۚ
وَمَنْ كَفَرَ فَإِنَّ اللَّهَ غَنِيٌّ عَنِ الْعَالَمِينَ ﴿٩٧﴾

98. (ਹੇ ਨਬੀ!)ਤੁਸੀਂ ਆਖ ਦਿਓ ਕਿ ਹੇ ਕਿਤਾਬ ਵਾਲਿਓ! ਤੁਸੀਂ ਅੱਲਾਹ ਦੀਆਂ ਆਇਤਾਂ (ਆਦੇਸ਼ਾਂ) ਨਾਲ ਕਿਉਂ ਕੁਫ਼ਰ (ਇਨਕਾਰ) ਕਰਦੇ ਹੋ। ਜੋ ਕੁੱਝ ਵੀ ਤੁਸੀਂ ਕਰਦੇ ਹੋ ਅੱਲਾਹ ਉਸ 'ਤੇ ਗਵਾਹ ਹੈ (ਭਾਵ) ਉਹ ਸਭ ਕੁੱਝ ਜਾਣਦਾ ਹੈ।

قُلْ يَا أَهْلَ الْكِتَابِ لِمَ تَكْفُرُونَ بِآيَاتِ اللَّهِ
وَاللَّهُ شَهِيدٌ عَلَىٰ مَا تَعْمَلُونَ ﴿٩٨﴾

99. ਇਹਨਾਂ ਕਿਤਾਬ ਵਾਲਿਆਂ ਨੂੰ ਆਖ ਦਿਓ ਕਿ ਤੁਸੀਂ ਅੱਲਾਹ ਦੇ ਰਸਤੇ 'ਤੇ ਚੱਲਣ ਤੋਂ ਮੋਮਿਨਾਂ ਨੂੰ ਕਿਉਂ ਰੋਕਦੇ ਹੋ। ਤੁਸੀਂ ਚਾਹੁੰਦੇ ਹੋ ਕਿ ਉਹ ਵਿੰਗੇ ਟੇਢੇ ਰਸਤਿਆਂ 'ਤੇ ਹੀ ਤੁਰਦੇ ਰਹਿਣ ਜਦੋਂ ਕਿ ਤੁਸੀਂ ਆਪ ਉਸ ਦੀ ਸਿੱਧੀ ਰਾਹ ਹੋਣ ਉੱਤੇ ਗਵਾਹ ਹੋ। ਅੱਲਾਹ ਤੁਹਾਡੇ ਅਮਲਾਂ ਤੋਂ ਬੇਖ਼ਬਰ ਨਹੀਂ ਹੈ।

قُلْ يَا أَهْلَ الْكِتَابِ لِمَ تَصُدُّونَ عَنْ سَبِيلِ
اللَّهِ مَنْ آمَنَ تَبْغُونَهَا عِوَجًا وَأَنْتُمْ شُهَدَاءُ ۗ
وَمَا اللَّهُ بِغَافِلٍ عَمَّا تَعْمَلُونَ ﴿٩٩﴾

100. ਹੇ ਈਮਾਨ ਵਾਲਿਓ! ਜੇਕਰ ਤੁਸੀਂ ਕਿਤਾਬ ਵਾਲਿਆਂ (ਈਸਾਈ ਜਾਂ ਯਹੂਦੀਆਂ) ਵਿੱਚੋਂ ਕਿਸੇ ਇਕ ਟੋਲੇ ਦੀ ਗੱਲ ਮੰਨ ਲਈ ਤਾਂ ਉਹ ਤੁਹਾਨੂੰ ਤੁਹਾਡੇ ਈਮਾਨ ਲਿਆਉਣ ਮਗਰੋਂ ਫੇਰ (ਕੁਫ਼ਰ ਵੱਲ) ਮੋੜ ਲੈ ਜਾਣਗੇ।

يَا أَيُّهَا الَّذِينَ آمَنُوا إِنْ تُطِيعُوا فَرِيقًا مِنَ الَّذِينَ
أُوتُوا الْكِتَابَ يَرُدُّوكُمْ بَعْدَ إِيمَانِكُمْ كَافِرِينَ ﴿١٠٠﴾

101. ਤੁਸੀਂ ਕਿਵੇਂ ਕੁਫ਼ਰ ਵੱਲ ਜਾ ਸਕਦੇ ਹੋ ਜਦੋਂ ਕਿ ਤੁਹਾਨੂੰ ਅੱਲਾਹ ਦੀਆਂ ਆਇਤਾਂ ਪੜ੍ਹ ਕੇ ਸੁਣਾਈਆਂ ਜਾਂਦੀਆਂ ਹਨ ਅਤੇ ਤੁਹਾਡੇ ਵਿਚਾਲੇ ਉਸ ਦਾ ਰਸੂਲ (ਮੁਹੰਮਦ) ਮੌਜੂਦ ਹੈ? ਜਿਹੜਾ

وَكَيْفَ تَكْفُرُونَ وَأَنْتُمْ تُتْلَىٰ عَلَيْكُمْ آيَاتُ
اللَّهِ وَفِيكُمْ رَسُولُهُ ۗ وَمَنْ يَعْتَصِمْ بِاللَّهِ
فَقَدْ هُدِيَ إِلَىٰ صِرَاطٍ مُسْتَقِيمٍ ﴿١٠١﴾

ਵਿਅਕਤੀ ਅੱਲਾਹ ਦੇ ਦੀਨ (ਇਸਲਾਮ) ਨੂੰ ਦ੍ਰਿੜਤਾ ਨਾਲ ਫੜ ਲਵੇ (ਭਾਵ ਅਮਲ ਕਰੇ) ਉਸ ਨੂੰ ਸਿੱਧੀ ਰਾਹ ਜਾਣ ਵਾਲੀ ਹਿਦਾਇਤ ਮਿਲ ਜਾਂਦੀ ਹੈ।

يَا أَيُّهَا الَّذِينَ آمَنُوا اتَّقُوا اللَّهَ حَقَّ تُقَاتِهِ وَلَا تَمُوتُنَّ إِلَّا وَأَنْتُمْ مُسْلِمُونَ ﴿١٠٢﴾

102 ਹੇ ਈਮਾਨ ਵਾਲਿਓ! ਅੱਲਾਹ ਤੋਂ ਡਰੋ ਜਿਹਾ ਕਿ ਉਸ ਤੋਂ ਡਰਨਾ ਚਾਹੀਦਾ ਹੈ ਅਤੇ ਵੇਖੋ ਮਰਦੇ ਦਮ ਤਕ ਮੁਸਲਮਾਨ ਹੀ ਰਹਿਣਾ।

وَاعْتَصِمُوا بِحَبْلِ اللَّهِ جَمِيعًا وَلَا تَفَرَّقُوا ۚ وَاذْكُرُوا نِعْمَتَ اللَّهِ عَلَيْكُمْ إِذْ كُنْتُمْ أَعْدَاءً فَأَلَّفَ بَيْنَ قُلُوبِكُمْ فَأَصْبَحْتُمْ بِنِعْمَتِهِ إِخْوَانًا وَكُنْتُمْ عَلَىٰ شَفَا حُفْرَةٍ مِنَ النَّارِ فَأَنْقَذَكُمْ مِنْهَا ۗ كَذَٰلِكَ يُبَيِّنُ اللَّهُ لَكُمْ آيَاتِهِ لَعَلَّكُمْ تَهْتَدُونَ ﴿١٠٣﴾

103. ਅੱਲਾਹ ਦੀ ਰੱਸੀ (ਕੁਰਆਨ) ਨੂੰ ਸਾਰੇ ਮਿਲਕੇ ਦ੍ਰਿੜ੍ਹਤਾ ਨਾਲ ਫੜ ਲਓ ਅਤੇ (ਆਪਣੇ ਵਿਚਾਲੇ) ਫੁੱਟ ਨਾ ਪਾਓ[1] ਅਤੇ ਅੱਲਾਹ ਦੇ ਉਸ ਅਹਿਸਾਨ ਨੂੰ ਚੇਤੇ ਰੱਖੋ ਜਦੋਂ ਤੁਸੀਂ ਇਕ ਦੂਜੇ ਦੇ ਦੁਸ਼ਮਨ ਸੀ ਤਾਂ ਉਸੇ ਨੇ ਤੁਹਾਡੇ ਦਿਲਾਂ ਵਿਚ ਇਕ ਦੂਜੇ ਲਈ ਮੁਹੱਬਤ ਪਾਈ ਸੀ ਅਤੇ ਤੁਸੀਂ ਉਸੇ ਦੀਆਂ ਮਿਹਰਾਂ ਸਦਕੇ ਹੀ ਭਰਾ ਭਰਾ ਬਣ ਗਏ, ਤੁਸੀਂ (ਗੁਮਰਾਹੀ ਕਾਰਨ) ਅੱਗ ਨਾਲ ਭਰੇ ਹੋਏ ਟੋਏ ਦੇ ਕੰਢੇ ਤੀਕ ਪਹੁੰਚ ਚੁੱਕੇ ਕਿ ਉਸਨੇ ਤੁਹਾਨੂੰ ਉਸ ਵਿਚ ਡਿਗਣ ਤੋਂ ਬਚਾ ਲਿਆ। ਅੱਲਾਹ ਇਸੇ ਪ੍ਰਕਾਰ ਆਪਣੀਆਂ ਨਿਸ਼ਾਨੀਆਂ ਪ੍ਰਗਟ ਕਰਦਾ ਹੈ ਤਾਂ ਜੋ ਤੁਸੀਂ ਹਿਦਾਇਤ ਵਾਲੇ ਬਣ ਜਾਓ।

[1] ਇਸ ਆਇਤ ਦੁਆਰਾ ਮੁਸਲਮਾਨਾਂ ਨੂੰ ਧੜੇ ਬੰਦੀ ਤੋਂ ਰੋਕਿਆ ਗਿਆ ਹੈ ਪਰ ਇਸਦੇ ਉਲਟ ਮੁਸਲਮਾਨਾਂ ਵਿਚ ਇਹ ਧੜਾ ਬੰਦੀ ਖ਼ਤਮ ਹੋਣ ਦੀ ਥਾਂ ਵਧਦੀ ਹੀ ਜਾਂਦੀ ਹੈ, ਨਬੀ (ਸ:) ਨੇ ਇਸ ਸੰਬੰਧ ਵਿਚ ਭਵਿੱਖ ਬਾਰੇ ਦੱਸਦੇ ਹੋਏ ਮੁਸਲਮਾਨਾਂ ਨੂੰ ਇਹਨਾਂ ਫ਼ਿਤਨਿਆਂ ਤੋਂ ਖ਼ਬਰਦਾਰ ਕਰਦੇ ਹੋਏ ਫ਼ਰਮਾਇਆ ਕਿ ਯਹੂਦੀ ਤੇ ਈਸਾਈ 72 ਧੜਿਆਂ ਵਿਚ ਵੰਡੇ ਜਾਣਗੇ ਅਤੇ ਇਹ ਸਾਰੇ ਧੜੇ ਨਰਕੀ ਹੋਣਗੇ ਛੁੱਟ ਇਕ ਧਿਰ ਤੋਂ ਪੁੱਛਿਆ ਕਿ ਉਹ ਧਿਰ ਕਿਹੜੀ ਹੋਵੇਗੀ? ਆਪ ਸ: ਨੇ ਫ਼ਰਮਾਇਆ ਇਹ ਉਹ ਹੈ ਜਿਹੜਾ ਮੇਰੇ ਅਤੇ ਮੇਰੇ ਸਹਾਬਾ ਦੇ ਤਰੀਕੇ ਤੇ ਪਾਕ ਕੁਰਆਨ ਤੇ ਸੁੰਨਤ 'ਤੇ ਅਮਲ ਕਰਦਾ ਹੋਵੇਗਾ। (ਸਹੀ ਤਿਰਮਜ਼ੀ, ਹਦੀਸ: 2641, ਸਹੀ ਇਬਨੇ ਮਾਜਾ, ਹਦੀਸ: 3992–3993)

104. ਤੁਹਾਡੇ ਵਿੱਚੋਂ ਇਕ ਗਰੋਹ ਤਾਂ ਜ਼ਰੂਰ ਹੀ ਅਜਿਹਾ ਹੋਣਾ ਚਾਹੀਦਾ ਹੈ ਜੋ (ਲੋਕਾਂ ਨੂੰ) ਭਲਾਈ ਵੱਲ ਬੁਲਾਵੇ ਅਤੇ ਨੇਕ ਕੰਮ ਕਰਨ ਦਾ ਹੁਕਮ ਦੇਵੇ ਅਤੇ ਬੁਰੇ ਕੰਮਾਂ ਤੋਂ ਰੋਕੇ, ਇਹੋ ਲੋਕ ਸਫ਼ਲਤਾ ਪ੍ਰਾਪਤ ਕਰਨਗੇ (ਭਾਵ ਸਵਰਗਾਂ ਵਿਚ ਜਾਣਗੇ)।

وَلْتَكُن مِّنكُمْ أُمَّةٌ يَدْعُونَ إِلَى الْخَيْرِ
وَيَأْمُرُونَ بِالْمَعْرُوفِ وَيَنْهَوْنَ عَنِ الْمُنكَرِ ۚ
وَأُولَٰئِكَ هُمُ الْمُفْلِحُونَ ﴿١٠٤﴾

105. ਤੁਸੀਂ ਉਹਨਾਂ ਲੋਕਾਂ ਵਾਂਗ ਨਾ ਹੋ ਜਾਣਾ ਜਿਹੜੇ ਫ਼ਿਰਕਿਆਂ (ਧੜਿਆਂ) ਵਿਚ ਵੰਡੇ ਗਏ ਅਤੇ ਉਹਨਾਂ ਕੋਲ ਖੁੱਲ੍ਹੀਆਂ ਨਿਸ਼ਾਨੀਆਂ ਆਉਣ ਤੋਂ ਬਾਅਦ ਵੀ ਉਹਨਾਂ ਨੇ ਇਕ ਦੂਜੇ ਨਾਲ ਮਤਭੇਦ ਕੀਤੇ। ਅਜਿਹੇ ਲੋਕਾਂ ਲਈ ਕਰੜਾ ਅਜ਼ਾਬ ਹੈ।

وَلَا تَكُونُوا كَالَّذِينَ تَفَرَّقُوا وَاخْتَلَفُوا مِن بَعْدِ مَا
جَاءَهُمُ الْبَيِّنَاتُ ۚ وَأُولَٰئِكَ لَهُمْ عَذَابٌ عَظِيمٌ ﴿١٠٥﴾

106. ਜਿਸ ਦਿਨ (ਕਿਆਮਤ ਦਿਹਾੜੇ) ਕਈ ਲੋਕਾਂ ਦੇ ਚਿਹਰੇ ਸਫ਼ੈਦ ਚਮਕਦੇ ਹੋਣਗੇ ਅਤੇ ਕਈ ਲੋਕਾਂ ਦੇ ਚਿਹਰੇ ਕਾਲੇ ਹੋਣਗੇ। (ਕਾਲੇ ਮੂੰਹ ਵਾਲਿਆਂ ਨੂੰ ਕਿਹਾ ਜਾਵੇਗਾ) ਕੀ ਤੁਸੀਂ ਈਮਾਨ ਲਿਆਉਣ ਮਗਰੋਂ ਵੀ ਇਨਕਾਰ ਕਰਦੇ ਰਹੇ? ਹੁਣ ਤੁਸੀਂ ਆਪਣੇ ਇਨਕਾਰ ਕਰਨ ਦੀ ਸਜ਼ਾ ਭੁਗਤੋ।

يَوْمَ تَبْيَضُّ وُجُوهٌ وَتَسْوَدُّ وُجُوهٌ ۚ فَأَمَّا الَّذِينَ
اسْوَدَّتْ وُجُوهُهُمْ أَكَفَرْتُم بَعْدَ إِيمَانِكُمْ
فَذُوقُوا الْعَذَابَ بِمَا كُنتُمْ تَكْفُرُونَ ﴿١٠٦﴾

107. ਰੌਸ਼ਨ ਮੁਖੜਿਆਂ ਵਾਲੇ ਅੱਲਾਹ ਦੀ ਰਹਿਮਤ ਵਿਚ ਦਾਖ਼ਿਲ ਹੋਣਗੇ ਅਤੇ ਉਹ ਉੱਥੇ (ਸਵਰਗਾਂ) ਵਿਚ ਸਦਾ ਰਹਿਣਗੇ।

وَأَمَّا الَّذِينَ ابْيَضَّتْ وُجُوهُهُمْ فَفِي رَحْمَةِ
اللَّهِ ۖ هُمْ فِيهَا خَالِدُونَ ﴿١٠٧﴾

108. ਹੇ ਨਬੀ (ਸ:) ਇਹ ਅੱਲਾਹ ਦੀਆਂ ਆਇਤਾਂ ਹਨ ਜੋ ਅਸੀਂ ਤੁਹਾਨੂੰ ਠੀਕ-ਠੀਕ ਸੁਣਾ ਰਹੇ ਹਾਂ। ਅੱਲਾਹ ਜਹਾਨ ਵਾਲਿਆਂ 'ਤੇ ਜ਼ੁਲਮ ਕਰਨਾ ਨਹੀਂ ਚਾਹੁੰਦਾ।

تِلْكَ آيَاتُ اللَّهِ نَتْلُوهَا عَلَيْكَ بِالْحَقِّ ۗ
وَمَا اللَّهُ يُرِيدُ ظُلْمًا لِّلْعَالَمِينَ ﴿١٠٨﴾

109 ਜੋ ਕੁੱਝ ਧਰਤੀ ਤੇ ਅਕਾਸ਼ ਵਿਚ ਹੈ ਸਭ ਦਾ ਮਾਲਿਕ ਅੱਲਾਹ ਹੀ ਹੈ ਅਤੇ ਸਾਰੇ ਮਾਮਲੇ ਅੱਲਾਹ ਵੱਲ ਹੀ ਫੇਰੇ ਜਾਣਗੇ।

وَلِلَّهِ مَا فِي السَّمَاوَاتِ وَمَا فِي الْأَرْضِ ۚ
وَإِلَى اللَّهِ تُرْجَعُ الْأُمُورُ ﴿١٠٩﴾

كنتم خير أمة أخرجت للناس تأمرون بالمعروف وتنهون عن المنكر وتؤمنون بالله ۗ ولو آمن أهل الكتاب لكان خيرا لهم ۚ منهم المؤمنون وأكثرهم الفاسقون ﴿١١٠﴾

110 (ਹੇ ਮੁਸਲਮਾਨੋ!) ਤੁਸੀਂ ਹੀ ਸਭ ਤੋਂ ਵਧੀਆ ਉੱਮਤਾਂ (ਸਮੁਦਾਇ) ਹੋ ਜਿਹੜੀ ਲੋਕਾਂ ਦੀ ਭਲਾਈ ਲਈ ਪੈਦਾ ਕੀਤੀ ਗਈ ਹੈ ਕਿਉਂ ਜੋ ਤੁਸੀਂ ਨੇਕੀ ਦਾ ਹੁਕਮ ਦਿੰਦੇ ਹੋ ਬੁਰਾਈਆਂ ਤੋਂ ਰੋਕਦੇ ਹੋ (ਇਸ ਦੇ ਨਾਲ ਹੀ) ਅੱਲਾਹ 'ਤੇ ਈਮਾਨ ਰੱਖਦੇ ਹੋ। ਜੇਕਰ ਕਿਤਾਬ ਵਾਲੇ (ਯਹੂਦੀ ਤੇ ਈਸਾਈ) ਵੀ ਈਮਾਨ ਲਿਆਉਂਦੇ ਤਾਂ ਉਹਨਾਂ ਲਈ ਵਧੀਆ ਗੱਲ ਸੀ, ਇਹਨਾਂ (ਕਿਤਾਬ ਵਾਲਿਆਂ) ਵਿਚ ਕੁੱਝ ਈਮਾਨ ਵਾਲੇ ਵੀ ਹਨ ਪਰ ਬਹੁਤੇ ਲੋਕ ਨਾ-ਫ਼ਰਮਾਨ ਹਨ।

لن يضروكم إلا أذى ۖ وإن يقاتلوكم يولوكم الأدبار ثم لا ينصرون ﴿١١١﴾

111. (ਹੇ ਮੁਹੰਮਦ ਸ:!) ਇਹ (ਕਿਤਾਬ ਵਾਲੇ) ਤੁਹਾਨੂੰ ਤੰਗ ਕਰਨ ਤੋਂ ਛੁੱਟ ਹੋਰ ਤੁਹਾਡਾ ਕੁੱਝ ਨਹੀਂ ਵਿਗਾੜ ਸਕਦੇ। ਜੇਕਰ (ਤੁਹਾਡੇ ਨਾਲ) ਲੜਨ ਤਾਂ ਇਹ ਪਿੱਠ ਵਿਖਾ ਕੇ ਭੱਜ ਜਾਣਗੇ ਅਤੇ ਨਾ ਹੀ ਇਹਨਾਂ ਦੀ ਕਿਸੇ ਪਾਸਿਓਂ ਸਹਾਇਤਾ ਕੀਤੀ ਜਾਵੇਗੀ।

ضربت عليهم الذلة أين ما ثقفوا إلا بحبل من الله وحبل من الناس وباءو بغضب من الله وضربت عليهم المسكنة ۚ ذلك بأنهم كانوا يكفرون بآيات الله ويقتلون الأنبياء بغير حق ۚ ذلك بما عصوا وكانوا يعتدون ﴿١١٢﴾

112 *ਹਰ ਥਾਂ 'ਤੇ ਉਹਨਾਂ ਨੂੰ ਅਪਮਾਨ ਦੀ ਮਾਰ ਸਹਿਣੀ ਪਈ ਇਹ ਵੱਖਰੀ ਗੱਲ ਹੈ ਕਿ ਕਿਤੇ ਅੱਲਾਹ ਦੇ ਨਾਂ 'ਤੇ ਜਾਂ ਲੋਕਾਂ ਦੀ ਸ਼ਰਨ ਵਿਚ ਆ ਕੇ ਬਚ ਜਾਣ। ਇਹ (ਕਿਤਾਬ ਵਾਲੇ) ਤਾਂ ਅੱਲਾਹ ਵੱਲੋਂ ਅਜ਼ਾਬ (ਸਜ਼ਾ) ਦੇ ਹੱਕਦਾਰ ਹੋ ਗਏ ਹਨ ਇਸ ਲਈ ਇਹਨਾਂ ਉੱਤੇ ਮੁਥਾਜਪੁਣਾ ਤੇ ਅਧੀਨਗੀ ਮੜ੍ਹ ਦਿੱਤੀ ਗਈ ਹੈ, ਇਸ ਦਾ ਕਾਰਨ ਇਹ ਹੈ ਕਿ ਇਹ ਲੋਕੀ ਅੱਲਾਹ ਦੀਆਂ ਆਇਤਾਂ ਦਾ ਇਨਕਾਰ ਕਰਦੇ ਸਨ ਅਤੇ ਨਬੀਆਂ ਨੂੰ ਨਾ ਹੱਕਾ ਕਤਲ ਕਰਦੇ ਸਨ ਇਸ ਲਈ ਇਹ ਸਜ਼ਾ ਉਹਨਾਂ ਦੀਆਂ ਨਾਫ਼ਰਮਾਨੀਆਂ ਤੇ ਵਧੀਕੀਆਂ ਦਾ ਬਦਲਾ ਹੈ।

ਹਜ਼ਰਤ ਅਬੂ ਹੁਰੈਰਾ ਰਜ਼ਿ: ਇਸ ਆਇਤ ਦੀ ਵਿਆਖਿਆ ਵਿਚ ਕਹਿੰਦੇ ਹਨ ਕਿ ਸਭ ਤੋਂ ਵਧੀਆ ਉਹ ਲੋਕ ਹਨ ਜਿਹੜੇ ਲੋਕਾਂ ਲਈ ਵਧੀਆ ਹੋਣ ਤੁਸੀਂ ਉਹਨਾਂ ਨੂੰ ਜ਼ੰਜੀਰਾਂ ਵਿਚ ਕੈਦੀ ਬਣਾ ਕੇ ਲਿਆਉਂਦੇ ਹੋ ਅਤੇ ਉਹ ਇਸਲਾਮ ਵਿਚ ਦਾਖ਼ਿਲ ਹੋ ਜਾਂਦੇ ਹਨ ਇਸ ਤਰ੍ਹਾਂ ਤੁਸੀਂ ਉਹਨਾਂ ਨੂੰ ਨਰਕ ਦੀ ਸਦੀਵੀ ਅੱਗ ਤੋਂ ਬਚਾ ਕੇ ਜੰਨਤ ਵਿਚ ਦਾਖ਼ਿਲ ਹੋਣ ਵਾਲੇ ਬਣ ਜਾਂਦੇ ਹੋ। (ਸਹੀ ਬੁਖ਼ਾਰੀ, ਹਦੀਸ: 4557)

113. ਇਹ ਸਾਰੇ ਹੀ ਇੱਕੋ-ਜਿਹੇ ਨਹੀਂ ਹਨ ਸਗੋਂ ਇਹਨਾਂ ਕਿਤਾਬ ਵਾਲਿਆਂ (ਯਹੂਦੀਆਂ) ਵਿੱਚੋਂ ਇਕ ਗਰੋਹ ਅਜਿਹਾ ਵੀ ਹੈ ਜਿਹੜਾ ਹੱਕ 'ਤੇ ਖੜ੍ਹਨ ਵਾਲਾ ਹੈ, ਉਹ ਰਾਤਾਂ ਨੂੰ ਅੱਲਾਹ ਦੀਆਂ ਆਇਤਾਂ (ਕੁਰਆਨ) ਨੂੰ ਪੜ੍ਹਦਾ ਹੈ ਅਤੇ (ਆਪਣੇ ਪਾਲਣਹਾਰ ਦੇ ਅੱਗੇ) ਸਿਜਦਾ ਵੀ ਕਰਦਾ ਹੈ।

114 ਇਹ ਅੱਲਾਹ ਅਤੇ ਆਖ਼ਿਰਤ ਦੇ ਦਿਨ ਉੱਤੇ ਈਮਾਨ ਵੀ ਰੱਖਦੇ ਹਨ ਨੇਕੀਆਂ ਦਾ ਹੁਕਮ ਦਿੰਦੇ ਹਨ ਅਤੇ ਬੁਰਾਈਆਂ ਤੋਂ ਰੋਕਦੇ ਹਨ ਅਤੇ ਨੇਕੀ ਦੇ ਕੰਮਾਂ ਵਿਚ ਦੂਜੇ ਨਾਲੋਂ ਅੱਗੇ ਵਧਣ ਵਿਚ ਕਾਹਲੀ ਕਰਦੇ ਹਨ, ਇਹ ਭਲੇ ਤੇ ਨੇਕ ਲੋਕਾਂ ਵਿੱਚੋਂ ਹਨ।

115. ਇਹ ਲੋਕ ਜੋ ਵੀ ਨੇਕੀ ਕਰਨਗੇ ਉਹਨਾਂ ਦੀ ਬੇਕਦਰੀ ਨਹੀਂ ਕੀਤੀ ਜਾਵੇਗੀ ਅਤੇ ਅੱਲਾਹ ਬੁਰਾਈਆਂ ਤੋਂ ਬਚਣ ਵਾਲਿਆਂ ਨੂੰ ਭਲੀ-ਭਾਂਤ ਜਾਣਦਾ ਹੈ।

116. ਕਾਫ਼ਿਰਾਂ ਦੀ ਦੌਲਤ ਅਤੇ ਔਲਾਦ ਅੱਲਾਹ ਕੋਲ (ਅਜ਼ਾਬ ਤੋਂ ਬਚਾਉਣ ਲਈ) ਕਿਸੇ ਕੰਮ ਨਹੀਂ ਆਵੇਗੀ, ਇਹ ਲੋਕ ਤਾਂ ਨਰਕੀ ਹਨ ਅਤੇ ਸਦਾ ਉੱਥੇ ਰਹਿਣਗੇ।

117. ਇਹ ਕਾਫ਼ਿਰ ਇਸ ਸੰਸਾਰ ਵਿਚ ਜੋ ਖ਼ਰਚ ਕਰਦੇ ਹਨ ਉਸ ਦੀ ਮਿਸਾਲ ਤਾਂ ਉਸ ਹਨੇਰੀ ਵਾਂਗ ਹੈ ਜਿਸ ਵਿਚ ਪਾਲਾ ਹੋਵੇ ਅਤੇ ਉਹ ਉਨ੍ਹਾਂ ਦੀ ਖੇਤੀ ਉੱਤੇ ਚੱਲੇ, ਜਿਨ੍ਹਾਂ ਨੇ ਆਪਣੀਆਂ ਜਾਨਾਂ 'ਤੇ ਆਪ ਜ਼ੁਲਮ ਕੀਤਾ ਹੈ, ਉਸ ਦਾ ਸਤਿਆਨਾਸ ਕਰ ਦੇਵੇ। ਅੱਲਾਹ ਨੇ ਇਹਨਾਂ 'ਤੇ ਜ਼ੁਲਮ ਨਹੀਂ ਕੀਤਾ ਸਗੋਂ ਇਹਨਾਂ ਕਾਫ਼ਿਰਾਂ ਨੇ ਤਾਂ ਆਪਣੇ ਆਪ 'ਤੇ ਹੀ ਜ਼ੁਲਮ ਕੀਤਾ ਹੈ।

لَيْسُوا سَوَاءً ۗ مِنْ أَهْلِ الْكِتٰبِ أُمَّةٌ قَائِمَةٌ
يَتْلُونَ اٰيٰتِ اللّٰهِ اٰنَاءَ الَّيْلِ وَهُمْ يَسْجُدُونَ (113)

يُؤْمِنُونَ بِاللّٰهِ وَالْيَوْمِ الْاٰخِرِ وَيَأْمُرُونَ
بِالْمَعْرُوفِ وَيَنْهَوْنَ عَنِ الْمُنْكَرِ وَيُسَارِعُونَ
فِي الْخَيْرٰتِ ۖ وَأُولٰٓئِكَ مِنَ الصّٰلِحِينَ (114)

وَمَا يَفْعَلُوا مِنْ خَيْرٍ فَلَنْ يُّكْفَرُوهُ ۗ
وَاللّٰهُ عَلِيمٌ ۢ بِالْمُتَّقِينَ (115)

إِنَّ الَّذِينَ كَفَرُوا لَنْ تُغْنِيَ عَنْهُمْ أَمْوَالُهُمْ
وَلَا أَوْلَادُهُمْ مِنَ اللّٰهِ شَيْئًا ۖ وَأُولٰٓئِكَ أَصْحٰبُ
النَّارِ ۚ هُمْ فِيهَا خٰلِدُونَ (116)

مَثَلُ مَا يُنْفِقُونَ فِي هٰذِهِ الْحَيٰوةِ الدُّنْيَا
كَمَثَلِ رِيحٍ فِيهَا صِرٌّ أَصَابَتْ حَرْثَ قَوْمٍ
ظَلَمُوا أَنْفُسَهُمْ فَأَهْلَكَتْهُ ۚ وَمَا ظَلَمَهُمُ
اللّٰهُ وَلٰكِنْ أَنْفُسَهُمْ يَظْلِمُونَ (117)

118. ਹੇ ਈਮਾਨ ਵਾਲਿਓ! ਤੁਸੀਂ ਆਪਣੇ (ਈਮਾਨ ਵਾਲਿਆਂ) ਲੋਕਾਂ ਤੋਂ ਛੁੱਟ ਕਿਸੇ ਹੋਰ ਨੂੰ ਆਪਣਾ ਦੋਸਤ ਨਾ ਬਣਾਓ, ਦੂਜੇ ਲੋਕ (ਯਹੂਦੀ) ਤੁਹਾਨੂੰ ਬਰਬਾਦ ਕਰਨ ਵਿਚ ਕੋਈ ਕਸਰ ਨਹੀਂ ਛੱਡਦੇ, ਉਹ ਤਾਂ ਇਹੋ ਚਾਹੁੰਦੇ ਹਨ ਕਿ ਤੁਸੀਂ ਮੁਸੀਬਤਾਂ ਵਿਚ ਹੀ ਘਿਰੇ ਰਹੋ ਉਹਨਾਂ ਦੀ ਦੁਸ਼ਮਨੀ ਤਾਂ ਉਹਨਾਂ ਦੀਆਂ ਗੱਲਾਂ ਤੋਂ ਹੀ ਪ੍ਰਗਟ ਹੋ ਚੁੱਕੀ ਹੈ ਅਤੇ ਜੋ (ਈਰਖਾ) ਉਹਨਾਂ ਦੇ ਮਨਾਂ ਵਿਚ ਲੁਕੀ ਹੋਈ ਹੈ ਉਹ ਹੋਰ ਵੀ ਵਧਕੇ ਹੈ। ਅਸੀਂ ਤਾਂ ਤੁਹਾਨੂੰ (ਸਾਫ਼-ਸਾਫ਼) ਹਿਦਾਇਤਾਂ ਦੇ ਛੱਡੀਆਂ ਹਨ। ਜੇ ਤੁਸੀਂ ਅਕਲ ਵਾਲੇ ਹੋ ਤਾਂ ਤੁਸੀਂ ਉਹਨਾਂ ਤੋਂ ਬਚਕੇ ਰਹੋ।

يا أيها الذين آمنوا لا تتخذوا بطانة من
دونكم لا يألونكم خبالا ودوا ما عنتم
قد بدت البغضاء من أفواههم وما تخفي
صدورهم أكبر قد بينا لكم الآيات إن
كنتم تعقلون (١١٨)

119. ਤੁਸੀਂ ਤਾਂ ਉਹਨਾਂ ਨਾਲ ਸਬੰਧ ਰਖਣਾ ਚਾਹੁੰਦੇ ਹੋ ਪਰ ਉਹ ਤੁਹਾਡੇ ਨਾਲ ਪ੍ਰੇਮ ਨਹੀਂ ਕਰਦੇ, ਤੁਸੀਂ ਸਾਰੀਆਂ ਅਕਾਸ਼ੀ ਕਿਤਾਬਾਂ ਨੂੰ ਮੰਨਦੇ ਹੋ (ਉਹ ਨਹੀਂ ਮੰਨਦੇ ਫੇਰ ਇਹ ਪ੍ਰੇਮ ਕਿਹੋ ਜਿਹਾ ਹੈ) ਇਹ ਲੋਕ (ਯਹੂਦੀ) ਤੁਹਾਡੇ ਸਾਹਮਣੇ ਤਾਂ (ਤੁਹਾਡੇ ਰਸੂਲ ਮੁਹੰਮਦ ਸ) ਅਤੇ .ਕੁਰਆਨ ਨੂੰ ਮੰਨਦੇ ਹਨ ਪ੍ਰੰਤੂ ਜਦੋਂ ਇਕੱਲੇ ਹੁੰਦੇ ਹਨ ਤਾਂ ਕਰੋਧ ਵਿਚ ਆ ਕੇ ਆਪਣੇ ਉਂਗਲਾਂ ਚੱਬਣ ਲੱਗ ਜਾਂਦੇ ਹਨ। ਕਹਿ ਦਿਓ! ਕਿ ਤੁਸੀਂ ਆਪਣੇ ਕਰੋਧ ਵਿਚ ਆਪ ਹੀ ਸੜ ਮਰੋ, ਅੱਲਾਹ ਦਿਲਾਂ ਦੇ ਭੇਤਾਂ ਨੂੰ ਭਲੀ-ਭਾਂਤ ਜਾਣਦਾ ਹੈ।

ها أنتم أولاء تحبونهم ولا يحبونكم وتؤمنون
بالكتاب كله وإذا لقوكم قالوا آمنا وإذا خلوا
عضوا عليكم الأنامل من الغيظ قل موتوا
بغيظكم إن الله عليم بذات الصدور (١١٩)

120. ਜੇ ਤੁਹਾਡਾ (ਈਮਾਨ ਵਾਲਿਆਂ ਦਾ) ਕੋਈ ਭਲਾ ਹੁੰਦਾ ਹੈ ਤਾਂ ਉਹਨਾਂ ਨੂੰ ਭੈੜਾ ਲੱਗਦਾ ਹੈ ਜੇ ਕੋਈ ਬਿਪਤਾ ਆ ਜਾਵੇ ਤਾਂ ਉਹ ਖ਼ੁਸ਼ ਹੁੰਦੇ ਹਨ। ਜੇ ਤੁਸੀਂ ਸਬਰ ਕਰੋ ਅਤੇ ਰੱਬ ਤੋਂ ਡਰਦੇ ਰਹੋ ਤਾਂ ਉਹਨਾਂ ਦਾ ਕੋਈ ਵੀ ਦਾਅ ਤੁਹਾਨੂੰ ਨੁਕਸਾਨ ਨਹੀਂ ਪਹੁੰਚਾ

إن تمسسكم حسنة تسؤهم وإن تصبكم
سيئة يفرحوا بها وإن تصبروا وتتقوا
لا يضركم كيدهم شيئا إن الله بما
يعملون محيط (١٢٠)

ਸਕਦਾ। ਅੱਲਾਹ ਨੇ ਉਹਨਾਂ ਦੀਆਂ ਕਰਤੂਤਾਂ ਨੂੰ ਆਪਣੇ ਘੇਰੇ ਵਿਚ ਲਿਆ ਹੋਇਆ ਹੈ।

121. (ਹੇ ਨਬੀ! ਉਸ ਸਮੇਂ ਨੂੰ ਯਾਦ ਕਰੋ) ਜਦੋਂ ਤੁਸੀਂ ਸਵੇਰੇ ਸਵੇਰੇ ਆਪਣੇ ਘਰੋਂ ਨਿਕਲੇ ਸੀ ਅਤੇ ਮੁਸਲਮਾਨਾਂ ਨੂੰ ਓਹਦ ਦੀ ਲੜਾਈ ਦੇ ਮੈਦਾਨ ਵਿਚ ਮੋਰਚਿਆਂ 'ਤੇ ਬਿਠਾ ਰਹੇ ਸੀ। ਅੱਲਾਹ ਸਾਰੀਆਂ ਗੱਲਾਂ ਜਾਣਦਾ ਹੈ ਅਤੇ ਸਭ ਕੁੱਝ ਸੁਣਨ ਵਾਲਾ ਹੈ।

وَإِذْ غَدَوْتَ مِنْ أَهْلِكَ تُبَوِّئُ الْمُؤْمِنِينَ مَقَاعِدَ لِلْقِتَالِ ۗ وَاللَّهُ سَمِيعٌ عَلِيمٌ ﴿١٢١﴾

122. ਯਾਦ ਕਰੋ। ਜਦੋਂ ਤੁਹਾਡੇ ਵਿੱਚੋਂ ਦੋ ਟੋਲੀਆਂ ਤਾਂ ਹਿੰਮਤ ਹੀ ਹਾਰ ਚੁੱਕੀਆਂ ਸਨ ਜਦੋਂ ਕਿ ਅੱਲਾਹ ਉਹਨਾਂ ਦਾ ਮਦਦ ਕਰਨ ਵਾਲਾ ਮੌਜੂਦ ਸੀ। ਸੋ ਈਮਾਨ ਵਾਲਿਆਂ ਨੂੰ ਉਸੇ ਅੱਲਾਹ ਦੀ ਪਾਕ ਜ਼ਾਤ 'ਤੇ ਭਰੋਸਾ ਰੱਖਣਾ ਚਾਹੀਦਾ ਹੈ।

إِذْ هَمَّتْ طَائِفَتَانِ مِنْكُمْ أَنْ تَفْشَلَا وَاللَّهُ وَلِيُّهُمَا ۗ وَعَلَى اللَّهِ فَلْيَتَوَكَّلِ الْمُؤْمِنُونَ ﴿١٢٢﴾

123. ਬਦਰ ਦੀ ਜੰਗ ਵਿਚ ਅੱਲਾਹ ਨੇ ਉਸ ਸਮੇਂ ਤੁਹਾਡੀ ਮਦਦ ਕੀਤੀ ਸੀ ਜਦੋਂ ਕਿ ਤੁਸੀਂ ਬਹੁਤ ਹੀ ਕਮਜ਼ੋਰ ਸੀ। ਤੁਸੀਂ ਅੱਲਾਹ ਤੋਂ ਡਰੋ ਤਾਂ ਜੋ ਤੁਸੀਂ ਅੱਲਾਹ ਦੇ ਸ਼ੁਕਰਗੁਜ਼ਾਰ ਬਣ ਸਕੋ।

وَلَقَدْ نَصَرَكُمُ اللَّهُ بِبَدْرٍ وَأَنْتُمْ أَذِلَّةٌ ۖ فَاتَّقُوا اللَّهَ لَعَلَّكُمْ تَشْكُرُونَ ﴿١٢٣﴾

124. (ਹੇ ਨਬੀ! ਯਾਦ ਕਰੋ) ਜਦੋਂ ਤੁਸੀਂ ਈਮਾਨ ਵਾਲਿਆਂ ਨੂੰ ਕਹਿ ਰਹੇ ਸੀ, ਕੀ ਤੁਹਾਡੇ ਲਈ ਇਹ ਗੱਲ (ਤਸੱਲੀ ਲਈ) ਬਥੇਰੀ ਨਹੀਂ ਹੋਵੇਗੀ ਕਿ ਅੱਲਾਹ ਅਕਾਸ਼ੋਂ ਤਿੰਨ ਹਜ਼ਾਰ ਫ਼ਰਿਸ਼ਤੇ ਉਤਾਰ ਕੇ ਤੁਹਾਡੀ ਮਦਦ ਕਰੇ?

إِذْ تَقُولُ لِلْمُؤْمِنِينَ أَلَنْ يَكْفِيَكُمْ أَنْ يُمِدَّكُمْ رَبُّكُمْ بِثَلَاثَةِ آلَافٍ مِنَ الْمَلَائِكَةِ مُنْزَلِينَ ﴿١٢٤﴾

125. (ਕਿਉਂ ਨਹੀਂ ਮਦਦ ਕਰੇਗਾ) ਜੇ ਤੁਸੀਂ ਸਬਰ ਤੋਂ ਕੰਮ ਲਵੋ ਤੇ ਅੱਲਾਹ ਤੋਂ ਡਰਦੇ ਰਹੋ ਅਤੇ ਜੇ ਵੈਰੀ ਤੁਹਾਡੇ ਉੱਤੇ ਹੱਲਾ ਬੋਲ ਦੇਣ ਤਾਂ ਤੁਹਾਡਾ ਰੱਬ ਉਸੇ ਸਮੇਂ ਤੁਹਾਡੀ ਸਹਾਇਤਾ ਪੰਜ ਹਜ਼ਾਰ ਫ਼ਰਿਸ਼ਤਿਆਂ ਨਾਲ ਕਰੇਗਾ, ਜਿਹਨਾਂ 'ਤੇ (ਪਛਾਣ ਲਈ) ਵਿਸ਼ੇਸ਼ ਨਿਸ਼ਾਨ ਲੱਗੇ ਹੋਣਗੇ।

بَلَىٰ ۚ إِنْ تَصْبِرُوا وَتَتَّقُوا وَيَأْتُوكُمْ مِنْ فَوْرِهِمْ هَٰذَا يُمْدِدْكُمْ رَبُّكُمْ بِخَمْسَةِ آلَافٍ مِنَ الْمَلَائِكَةِ مُسَوِّمِينَ ﴿١٢٥﴾

126. ਇਹ ਅੱਲਾਹ ਵੱਲੋਂ ਤੁਹਾਡੇ ਲਈ ਖ਼ੁਸ਼ਖ਼ਬਰੀ ਹੈ ਤਾਂ ਜੋ ਇਸ ਤੋਂ ਤੁਹਾਡੇ ਮਨਾਂ ਨੂੰ ਤਸੱਲੀ ਹੋਵੇ। ਮਦਦ ਤਾਂ ਅੱਲਾਹ ਵੱਲੋਂ ਹੀ ਹੁੰਦੀ ਹੈ ਜਿਹੜਾ ਬਾਹਲਾ ਜ਼ੋਰਾਵਰ ਤੇ ਹਿਕਮਤ ਵਾਲਾ ਹੈ।	وَمَا جَعَلَهُ اللّٰهُ اِلَّا بُشْرٰى لَكُمْ وَلِتَطْمَئِنَّ قُلُوْبُكُمْ بِهٖ ۭ وَمَا النَّصْرُ اِلَّا مِنْ عِنْدِ اللّٰهِ الْعَزِيْزِ الْحَكِيْمِ ﴿١٢٦﴾
127. (ਇਹ ਰੱਬੀ ਸਹਾਇਤਾ ਇਸ ਲਈ ਸੀ ਕਿ) ਅੱਲਾਹ ਕਾਫ਼ਿਰਾਂ ਦੀ ਇਕ ਜਮਾਅਤ ਨੂੰ ਮਾਰ ਮੁਕਾਵੇ ਜਾਂ ਉਹਨਾਂ ਨੂੰ ਜ਼ਲੀਲ ਕਰ ਦੇਵੇ ਅਤੇ ਫੇਰ ਉਹ ਸਾਰੇ ਨਾ ਮੁਰਾਦ ਹੋਕੇ ਪਿਛਾਂਹ (ਮੱਕੇ ਨੂੰ) ਮੁੜ ਜਾਣ।	لِيَقْطَعَ طَرَفًا مِّنَ الَّذِيْنَ كَفَرُوْٓا اَوْ يَكْبِتَهُمْ فَيَنْقَلِبُوْا خَاۗىِٕـبِيْنَ ﴿١٢٧﴾
128. ਹੇ ਮੁਹੰਮਦ (ਸ:)! ਤੁਹਾਡੇ ਵੱਸ ਵਿਚ ਕੁੱਝ ਵੀ ਨਹੀਂ ਅੱਲਾਹ ਚਾਹੇ ਤਾਂ ਉਹਨਾਂ ਦੀ ਤੌਬਾ ਨੂੰ ਕਬੂਲ ਕਰ ਲਵੇ ਜਾਂ ਅਜ਼ਾਬ (ਸਜ਼ਾ) ਦੇ ਦੇਵੇ ਕਿਉਂ ਜੋ ਉਹ ਲੋਕ ਜ਼ਾਲਮ ਹਨ।	لَيْسَ لَكَ مِنَ الْاَمْرِ شَيْءٌ اَوْ يَتُوْبَ عَلَيْهِمْ اَوْ يُعَذِّبَھُمْ فَاِنَّھُمْ ظٰلِمُوْنَ ﴿١٢٨﴾
129. ਅਕਾਸ਼ ਤੇ ਧਰਤੀ ਵਿਚ ਜੋ ਕੁੱਝ ਵੀ ਹੈ ਉਹ ਸਭ ਅੱਲਾਹ ਦਾ ਹੀ ਹੈ ਜਿਸ ਨੂੰ ਚਾਹੇ ਉਸ ਨੂੰ ਬਖ਼ਸ਼ ਦੇਵੇ ਚਾਹੇ ਤਾਂ ਅਜ਼ਾਬ (ਸਜ਼ਾ) ਦੇ ਦੇਵੇ। ਅੱਲਾਹ ਬਖ਼ਸ਼ਿਸ਼ ਕਰਨ ਵਾਲਾ ਤੇ ਮਿਹਰਬਾਨ ਹੈ।	وَلِلّٰهِ مَا فِي السَّمٰوٰتِ وَمَا فِي الْاَرْضِ ۭ يَغْفِرُ لِمَنْ يَّشَاۗءُ وَيُعَذِّبُ مَنْ يَّشَاۗءُ ۭ وَاللّٰهُ غَفُوْرٌ رَّحِيْمٌ ﴿١٢٩﴾
130. ਹੇ ਈਮਾਨ ਵਾਲਿਓ! ਵਧਾ ਚੜ੍ਹਾ ਕੇ ਸੂਦ ਨਾ ਖਾਓ, ਅੱਲਾਹ ਤੋਂ ਡਰੋ ਤਾਂ ਜੋ ਤੁਹਾਨੂੰ (ਨਰਕ ਦੀ ਅੱਗ ਤੋਂ) ਬਚਾਇਆ ਜਾ ਸਕੇ।	يٰٓاَيُّھَا الَّذِيْنَ اٰمَنُوْا لَا تَاْكُلُوا الرِّبٰٓوا اَضْعَافًا مُّضٰعَفَةً ۠ وَاتَّقُوا اللّٰهَ لَعَلَّكُمْ تُفْلِحُوْنَ ﴿١٣٠﴾
131. ਅਤੇ ਉਸ ਅੱਗ ਤੋਂ ਡਰੋ ਜਿਹੜੀ ਕਾਫ਼ਿਰਾਂ ਲਈ ਤਿਆਰ ਕੀਤੀ ਗਈ ਹੈ।[1]	وَاتَّقُوا النَّارَ الَّتِىْٓ اُعِدَّتْ لِلْكٰفِرِيْنَ ﴿١٣١﴾

---

[1] ਅੱਲਾਹ ਦੇ ਨਬੀ ਸ: ਨੇ ਫ਼ਰਮਾਇਆ ਕਿ ਸੱਤ ਬਰਬਾਦ ਕਰਨ ਵਾਲੇ ਗੁਨਾਹਾਂ ਤੋਂ ਬਚੋ। ਸਹਾਬਾ ਨੇ ਪੁੱਛਿਆ ਕਿ ਉਹ ਕਿਹੜੇ ਗੁਨਾਹ ਹਨ ਤਾਂ ਆਪ (ਸ:) ਨੇ ਫ਼ਰਮਾਇਆ ਕਿ (1) ਅੱਲਾਹ ਦਾ ਸ਼ਰੀਕ ਬਣਾਉਣਾ (2) ਜਾਦੂ ਕਰਨਾ (3) ਨਾ ਹੱਕ ਕਤਲ ਕਰਨਾ (4) ਸੂਦ ਖਾਣਾ (5) ਯਤੀਮ ਦਾ ਮਾਲ ਹੜੱਪ ਕਰ ਜਾਣਾ (6) ਜਿਹਾਦ ਵਿਚ ਪਿੱਠ ਵਿਖਾਉਣਾ (7) ਭੋਲੀ ਭਾਲੀ ਪਾਕੀਜ਼ਾ ਔਰਤਾਂ 'ਤੇ ਤੁਹਮਤ ਅਤੇ ਇਲਜ਼ਾਮ ਲਗਾਉਣਾ। (ਸਹੀ ਬੁਖ਼ਾਰੀ, ਹਦੀਸ: 2766)

132. ਅੱਲਾਹ ਅਤੇ ਉਸ ਦੇ ਰਸੂਲ (ਮੁਹੰਮਦ) ਦੀ ਆਗਿਆ ਦੀ ਪਾਲਣਾ ਕਰੋ ਤਾਂ ਜੋ ਤੁਹਾਡੇ 'ਤੇ ਰਹਿਮ ਕੀਤਾ ਜਾਵੇ।[1]

وَأَطِيعُوا اللَّهَ وَالرَّسُولَ لَعَلَّكُمْ تُرْحَمُونَ ﴿١٣٢﴾

133. ਆਪਣੇ ਰੱਬ ਦੀ ਬਖ਼ਸ਼ਿਸ਼ ਅਤੇ ਉਸ ਸਵਰਗ ਵੱਲ ਨੱਸ ਕੇ ਜਾਓ ਜਿਸ ਦਾ ਫੈਲਾਓ ਅਕਾਸ਼ਾਂ ਤੇ ਧਰਤੀ ਦੇ ਬਰਾਬਰ ਹੈ, ਜਿਹੜੀ ਰੱਬ ਤੋਂ ਡਰਨ ਵਾਲਿਆਂ ਲਈ ਬਣਾਈ ਗਈ ਹੈ।

وَسَارِعُوا إِلَىٰ مَغْفِرَةٍ مِّن رَّبِّكُمْ وَجَنَّةٍ عَرْضُهَا السَّمَاوَاتُ وَالْأَرْضُ أُعِدَّتْ لِلْمُتَّقِينَ ﴿١٣٣﴾

134. ਜਿਹੜੇ ਲੋਕ ਖ਼ੁਸ਼ਹਾਲੀ ਜਾਂ ਮੰਦਹਾਲੀ ਵੇਲੇ ਰੱਬ ਦੀ ਰਾਹ ਵਿਚ ਖ਼ਰਚ ਕਰਦੇ ਹਨ, ਗੁੱਸੇ ਨੂੰ ਪੀ ਜਾਣ ਵਾਲੇ ਹਨ ਅਤੇ ਲੋਕਾਂ (ਦੀਆਂ ਭੁੱਲਾਂ) ਨੂੰ ਮੁਆਫ਼ ਕਰਨ ਵਾਲੇ ਹਨ ਅਜਿਹੇ ਨੇਕ ਲੋਕਾਂ ਨੂੰ ਹੀ ਅੱਲਾਹ ਪਸੰਦ ਕਰਦਾ ਹੈ।[2]

الَّذِينَ يُنفِقُونَ فِي السَّرَّاءِ وَالضَّرَّاءِ وَالْكَاظِمِينَ الْغَيْظَ وَالْعَافِينَ عَنِ النَّاسِ ۗ وَاللَّهُ يُحِبُّ الْمُحْسِنِينَ ﴿١٣٤﴾

135. ਜਦੋਂ ਉਹਨਾਂ (ਨੇਕ ਲੋਕਾਂ) ਤੋਂ ਕੋਈ ਅਸ਼ਲੀਲ ਹਰਕਤ ਹੋ ਜਾਂਦੀ ਹੈ ਜਾਂ (ਕੋਈ ਪਾਪ ਕਰਕੇ) ਆਪਣੇ ਉੱਤੇ ਜ਼ੁਲਮ ਕਰ ਬੈਠਦੇ ਹਨ ਤਾਂ (ਉਸੇ ਵੇਲੇ) ਅੱਲਾਹ ਨੂੰ ਯਾਦ ਕਰਦੇ ਹਨ ਅਤੇ ਆਪਣੇ ਗੁਨਾਹਾਂ ਲਈ ਖਿਮਾ ਚਾਹੁੰਦੇ ਹਨ। ਹਕੀਕਤ ਵਿਚ ਅੱਲਾਹ ਤੋਂ ਛੁੱਟ ਹੋਰ ਕੌਣ ਹੈ ਜਿਹੜਾ ਗੁਨਾਹਾਂ ਨੂੰ ਬਖ਼ਸ਼ ਸਕਦਾ

وَالَّذِينَ إِذَا فَعَلُوا فَاحِشَةً أَوْ ظَلَمُوا أَنفُسَهُمْ ذَكَرُوا اللَّهَ فَاسْتَغْفَرُوا لِذُنُوبِهِمْ وَمَن يَغْفِرُ الذُّنُوبَ إِلَّا اللَّهُ وَلَمْ يُصِرُّوا عَلَىٰ مَا فَعَلُوا وَهُمْ يَعْلَمُونَ ﴿١٣٥﴾

---

1 ਇਸ ਤੋਂ ਭਾਵ ਇਸਲਾਮ ਧਰਮ ਕਬੂਲ ਕਰਨ ਦੀ ਪ੍ਰੇਰਨਾ ਕੀਤੀ ਜਾਂਦੀ ਹੈ ਕਿਉਂ ਜੋ ਇਸ ਤੋਂ ਬਿਨਾਂ ਕਿਆਮਤ ਦੇ ਦਿਨ ਅੱਲਾਹ ਦੀ ਰਹਿਮਤ ਦਾ ਹੱਕਦਾਰ ਨਹੀਂ ਹੋਵੇਗਾ।

2 ਇਹ ਅਤੇ ਇਸ ਤੋਂ ਬਾਅਦ ਵਾਲੀ ਆਇਤ ਵਿਚ ਅੱਲਾਹ ਦੇ ਨੇਕ ਬੰਦਿਆਂ ਦੀਆਂ ਕੁੱਝ ਵਿਸ਼ੇਸ਼ਤਾਵਾਂ ਦੀ ਚਰਚਾ ਕੀਤੀ ਗਈ ਹੈ ਜਿਵੇਂ ਕਿ ਨਬੀ ਕਰੀਮ (ਸ:) ਨੇ ਫ਼ਰਮਾਇਆ ਕਿ ਮਨੁੱਖੀ ਸਰੀਰ ਦੇ ਹਰ ਜੋੜ ਦਾ ਰੋਜ਼ਾਨਾ ਸਦਕਾ ਦੇਣਾ ਲਾਜ਼ਮੀ ਹੈ ਜੇ ਕੋਈ ਕਿਸੇ ਦੀ ਮਦਦ ਕਰੇ ਉਸ ਨੂੰ ਜਾਨਵਰ 'ਤੇ ਸਵਾਰ ਕਰਾ ਦੇਵੇ ਜਾਂ ਉਸ ਦਾ ਸਾਮਾਨ ਲਦਵਾ ਦੇਵੇ ਤਾਂ ਇਹ ਸਭ ਸਦਕਾ ਹੈ ਭਲੀ ਗੱਲ ਕਹਿਣਾ ਅਤੇ ਨਮਾਜ਼ ਲਈ ਇਕ-ਇਕ ਕਦਮ ਜਿਹੜਾ ਵੀ ਚੁੱਕਿਆ ਜਾਵੇਗਾ, ਇਹ ਵੀ ਸਦਕਾ ਹੈ ਅਤੇ ਕਿਸੇ ਨੂੰ ਰਾਹ ਦੱਸਣਾ ਵੀ ਸਦਕਾ ਹੈ। (ਸਹੀ ਬੁਖ਼ਾਰੀ, ਹਦੀਸ: 2891)

• ਹਦੀਸ ਵਿਚ ਹੈ ਕਿ ਪਹਿਲਵਾਨ ਉਹ ਨਹੀਂ ਜਿਹੜਾ ਕਿਸੇ ਨੂੰ ਚਿੱਤ ਕਰ ਦੇਵੇ, ਸਗੋਂ ਪਹਿਲਵਾਨ ਉਹ ਹੈ ਜਿਹੜਾ ਗੁੱਸੇ ਦੀ ਹਾਲਤ ਵਿਚ ਆਪਣੇ ਆਪ ਨੂੰ ਕਾਬੂ ਵਿਚ ਰੱਖੇ। (ਸਹੀ ਬੁਖ਼ਾਰੀ, ਹਦੀਸ: 6114)

ਹੈ ਅਤੇ ਇਹ ਨੇਕ ਲੋਕ ਜਾਣਦੇ ਹੋਏ ਆਪਣੀ ਕਰਨੀ ਉੱਤੇ ਅੜੀ ਨਹੀਂ ਕਰਦੇ।

أُولَٰئِكَ جَزَآؤُهُم مَّغْفِرَةٌ مِّن رَّبِّهِمْ وَجَنَّٰتٌ تَجْرِى مِن تَحْتِهَا ٱلْأَنْهَٰرُ خَٰلِدِينَ فِيهَا ۚ وَنِعْمَ أَجْرُ ٱلْعَٰمِلِينَ ﴿١٣٦﴾

136. ਅਜਿਹੇ (ਨੇਕ) ਲੋਕਾਂ ਦਾ ਬਦਲਾ ਉਹਨਾਂ ਦੇ ਰੱਬ ਵੱਲੋਂ ਉਹਨਾਂ ਦੀ ਬਖ਼ਸ਼ਿਸ਼ ਹੈ ਅਤੇ ਜੰਨਤਾਂ ਦੇ ਬਾਗ਼ ਹਨ ਜਿਹਨਾਂ ਹੇਠ ਨਹਿਰਾਂ ਵਗਦੀਆਂ ਹਨ ਜਿਹਨਾਂ ਵਿਚ ਉਹ ਸਦਾ ਰਹਿਣਗੇ। ਕਿੰਨਾ ਵਧੀਆ ਬਦਲਾ ਹੈ ਉਹਨਾਂ ਨੇਕ ਕੰਮ ਕਰਨ ਵਾਲਿਆਂ ਦਾ।

قَدْ خَلَتْ مِن قَبْلِكُمْ سُنَنٌ فَسِيرُوا۟ فِى ٱلْأَرْضِ فَٱنظُرُوا۟ كَيْفَ كَانَ عَٰقِبَةُ ٱلْمُكَذِّبِينَ ﴿١٣٧﴾

137. ਤੁਹਾਥੋਂ ਪਹਿਲਾਂ ਵੀ (ਹੇ ਨਬੀ!) ਅਜਿਹੀਆਂ ਘਟਨਾਵਾਂ ਹੋ ਚੁੱਕੀਆਂ ਹਨ, ਸੋ ਤੁਸੀਂ ਧਰਤੀ 'ਤੇ ਘੁੰਮ ਫਿਰਕੇ ਵੇਖੋ ਕਿ (ਰੱਬੀ ਫ਼ਰਮਾਨ ਨੂੰ) ਝੁਠਲਾਉਣ ਵਾਲਿਆਂ ਦਾ ਅੰਤ ਕੀ ਹੋਇਆ ਸੀ।

هَٰذَا بَيَانٌ لِّلنَّاسِ وَهُدًى وَمَوْعِظَةٌ لِّلْمُتَّقِينَ ﴿١٣٨﴾

138. ਆਮ ਲੋਕਾਂ ਲਈ ਤਾਂ ਇਹ (ਕੁਰਆਨ) ਕੇਵਲ ਇਕ ਕਿਤਾਬ ਹੈ ਪਰ ਰੱਬ ਤੋਂ ਡਰਨ ਵਾਲਿਆਂ ਲਈ ਇਹ ਹਿਦਾਇਤ ਤੇ ਨਸੀਹਤ ਹੈ।

وَلَا تَهِنُوا۟ وَلَا تَحْزَنُوا۟ وَأَنتُمُ ٱلْأَعْلَوْنَ إِن كُنتُم مُّؤْمِنِينَ ﴿١٣٩﴾

139. ਹੇ ਈਮਾਨ ਵਾਲਿਓ! ਤੁਸੀਂ ਦਿਲ ਨਾ ਛੱਡੋ ਅਤੇ ਨਾ ਹੀ ਚਿੰਤਾ ਕਰੋ। ਜੇ ਤੁਸੀਂ (ਸੱਚੇ) ਈਮਾਨ ਵਾਲੇ ਹੋ ਤਾਂ ਤੁਸੀਂ ਹੀ (ਕਾਫ਼ਿਰਾਂ 'ਤੇ) ਕਾਬੂ ਰਹੋਗੇ।

إِن يَمْسَسْكُمْ قَرْحٌ فَقَدْ مَسَّ ٱلْقَوْمَ قَرْحٌ مِّثْلُهُۥ ۚ وَتِلْكَ ٱلْأَيَّامُ نُدَاوِلُهَا بَيْنَ ٱلنَّاسِ وَلِيَعْلَمَ ٱللَّهُ ٱلَّذِينَ ءَامَنُوا۟ وَيَتَّخِذَ مِنكُمْ شُهَدَآءَ ۗ وَٱللَّهُ لَا يُحِبُّ ٱلظَّٰلِمِينَ ﴿١٤٠﴾

140 ਜੇ ਤੁਹਾਨੂੰ (ਉਹਦ ਦੀ ਜੰਗ ਵਿਚ) ਜ਼ਖ਼ਮ ਲੱਗੇ ਹਨ ਤਾਂ ਅਜਿਹੇ ਜ਼ਖ਼ਮ (ਬਦਰ ਦੀ ਜੰਗ ਵਿਚ) ਕਾਫ਼ਿਰਾਂ ਨੂੰ ਵੀ ਲੱਗ ਚੁੱਕੇ ਹਨ। ਅਸੀਂ (ਅੱਲਾਹ) ਲੋਕਾਂ ਵਿਚਾਲੇ ਦਿਨਾਂ ਨੂੰ ਬਦਲਦੇ ਰਹਿੰਦੇ ਹਾਂ। ਤੁਹਾਨੂੰ ਇਹ ਜ਼ਖ਼ਮ ਇਸ ਲਈ ਲੱਗੇ ਸਨ ਕਿ ਅੱਲਾਹ ਇਹ ਵੇਖਣਾ ਚਾਹੁੰਦਾ ਸੀ ਕਿ ਤੁਹਾਡੇ ਵਿੱਚੋਂ ਈਮਾਨ ਵਾਲਾ ਕੌਣ ਹੈ? ਉਹ (ਅੱਲਾਹ) ਤੁਹਾਡੇ ਵਿੱਚੋਂ ਕੁੱਝ ਨੂੰ ਸ਼ਹਾਦਤ ਦੀ ਉੱਚੀ ਪਦਵੀ ਦੇਣਾ ਚਾਹੁੰਦਾ ਸੀ। ਅੱਲਾਹ ਜ਼ਾਲਮਾਂ ਨੂੰ ਪਸੰਦ ਨਹੀਂ ਕਰਦਾ।

وَلِيُمَحِّصَ اللَّهُ الَّذِينَ آمَنُوا وَيَمْحَقَ الْكَافِرِينَ ﴿١٤١﴾

141. (ਇਹ ਕਾਰਨ ਵੀ ਸੀ) ਕਿ ਅੱਲਾਹ ਈਮਾਨ ਵਾਲਿਆਂ ਨੂੰ ਪਾਕ ਸਾਫ਼ ਕਰਨਾ ਅਤੇ ਕਾਫ਼ਿਰਾਂ ਨੂੰ ਖ਼ਤਮ ਕਰਨਾ ਚਾਹੁੰਦਾ ਸੀ।

أَمْ حَسِبْتُمْ أَنْ تَدْخُلُوا الْجَنَّةَ وَلَمَّا يَعْلَمِ اللَّهُ
الَّذِينَ جَاهَدُوا مِنْكُمْ وَيَعْلَمَ الصَّابِرِينَ ﴿١٤٢﴾

142. (ਹੇ ਈਮਾਨ ਵਾਲਿਓ!) ਕੀ ਤੁਸੀਂ ਇਹ ਸਮਝ ਬੈਠੇ ਹੋ ਕਿ ਤੁਸੀਂ ਐਵੇਂ ਹੀ ਜੰਨਤ ਵਿਚ ਚਲੇ ਜਾਓਗੇ? ਜਦ ਕਿ ਅਜੇ ਅੱਲਾਹ ਨੇ ਇਹ ਤਾਂ ਵੇਖਿਆ ਹੀ ਨਹੀਂ ਕਿ ਤੁਹਾਡੇ ਵਿੱਚੋਂ ਰੱਬ ਦੀ ਰਾਹ ਵਿਚ ਜਾਨ ਵਾਰ ਦੇਣ ਵਾਲੇ ਅਤੇ ਸਬਰ ਕਰਨ ਵਾਲੇ ਕੌਣ ਹਨ।

وَلَقَدْ كُنْتُمْ تَمَنَّوْنَ الْمَوْتَ مِنْ قَبْلِ أَنْ
تَلْقَوْهُ فَقَدْ رَأَيْتُمُوهُ وَأَنْتُمْ تَنْظُرُونَ ﴿١٤٣﴾

143. ਜੰਗ ਹੋਣ ਤੋਂ ਪਹਿਲਾਂ ਤਾਂ ਤੁਸੀਂ ਮੌਤ (ਸ਼ਹੀਦ ਹੋਣ) ਦੀਆਂ ਕਾਮਨਾਵਾਂ ਕਰਦੇ ਸੀ। ਸੋ ਹੁਣ ਤੁਸੀਂ ਮੌਤ ਨੂੰ ਆਪਣੀ ਅੱਖੀਂ ਵੇਖ ਲਿਆ।

وَمَا مُحَمَّدٌ إِلَّا رَسُولٌ قَدْ خَلَتْ مِنْ قَبْلِهِ
الرُّسُلُ ۚ أَفَإِنْ مَاتَ أَوْ قُتِلَ انْقَلَبْتُمْ عَلَىٰ
أَعْقَابِكُمْ ۚ وَمَنْ يَنْقَلِبْ عَلَىٰ عَقِبَيْهِ فَلَنْ
يَضُرَّ اللَّهَ شَيْئًا ۗ وَسَيَجْزِي اللَّهُ الشَّاكِرِينَ ﴿١٤٤﴾

144. ਮੁਹੰਮਦ(ਸ:) ਕੇਵਲ ਇਕ ਰਸੂਲ ਹੀ ਹਨ, ਇਹਨਾਂ ਤੋਂ ਪਹਿਲਾਂ ਵੀ ਬਹੁਤ ਸਾਰੇ ਰਸੂਲ ਹੋ ਚੁੱਕੇ ਹਨ। ਜੇ ਇਹਨਾਂ (ਮੁਹੰਮਦ ਸ:) ਦਾ ਦਿਹਾਂਤ ਹੋ ਜਾਵੇ ਜਾਂ ਇਹ ਸ਼ਹੀਦ ਹੋ ਜਾਣ ਤਾਂ ਕੀ ਤੁਸੀਂ ਇਸਲਾਮ ਤੋਂ ਆਪਣੇ ਪੈਰ ਪਿੱਛੇ ਖਿੱਚ ਲਵੋਗੇ? ਜਿਹੜਾ (ਇਸਲਾਮ ਤੋਂ) ਪਿਛਲੇ ਪੈਰੀਂ ਫਿਰੇਗਾ ਤਾਂ ਉਹ ਅੱਲਾਹ ਦਾ ਉੱਕਾ ਹੀ ਕੁੱਝ ਨਹੀਂ ਵਿਗਾੜ ਸਕੇਗਾ। ਅੱਲਾਹ (ਛੇਤੀ ਹੀ ਹਰ ਹਾਲ ਵਿਚ ਰੱਬ ਦਾ) ਸ਼ੁਕਰ ਕਰਨ ਵਾਲਿਆਂ ਨੂੰ ਵਧੀਆ ਬਦਲਾ ਦੇਵੇਗਾ।

وَمَا كَانَ لِنَفْسٍ أَنْ تَمُوتَ إِلَّا بِإِذْنِ اللَّهِ
كِتَابًا مُؤَجَّلًا ۗ وَمَنْ يُرِدْ ثَوَابَ الدُّنْيَا نُؤْتِهِ
مِنْهَا وَمَنْ يُرِدْ ثَوَابَ الْآخِرَةِ نُؤْتِهِ مِنْهَا ۚ
وَسَنَجْزِي الشَّاكِرِينَ ﴿١٤٥﴾

145. ਅੱਲਾਹ ਦੀ ਆਗਿਆ ਤੋਂ ਬਿਨਾਂ ਕੋਈ ਜੀਵ ਮਰ ਨਹੀਂ ਸਕਦਾ ਉਸ ਨੇ (ਸਭ ਦੀ) ਮੌਤ ਦਾ ਸਮਾਂ ਲਿਖਿਆ ਹੋਇਆ ਹੈ। ਸੰਸਾਰ ਦੀ ਇੱਛਾ ਰੱਖਣ ਵਾਲਿਆਂ ਨੂੰ ਅਸੀਂ ਦੁਨੀਆਂ ਵਿਚ ਹੀ ਕੁੱਝ ਦੇ ਦਿੰਦੇ ਹਾਂ ਅਤੇ ਜਿਹੜੇ ਆਖ਼ਿਰਤ ਵਿਚ ਬਦਲਾ ਚਾਹੁੰਦੇ ਹਨ ਤਾਂ ਉਹਨਾਂ ਨੂੰ ਆਖ਼ਿਰਤ ਵਿਚ ਦੇ

ਦਿੰਦੇ ਹਾਂ ਅਤੇ (ਰੱਬ ਦਾ) ਸ਼ੁਕਰ ਕਰਨ ਵਾਲਿਆਂ ਨੂੰ ਅਸੀਂ ਚੰਗਾ ਬਦਲਾ ਦੇਵਾਂਗੇ।

وَكَاَيِّنْ مِّنْ نَّبِيٍّ قٰتَلَ ۙ مَعَهٗ رِبِّيُّوْنَ كَثِيْرٌ ۚ
فَمَا وَهَنُوْا لِمَآ اَصَابَهُمْ فِيْ سَبِيْلِ اللّٰهِ وَمَا
ضَعُفُوْا وَمَا اسْتَكَانُوْا ؕ وَاللّٰهُ يُحِبُّ الصّٰبِرِيْنَ ﴿۱۴۶﴾

146. ਕਿੰਨੇ ਹੀ ਨਬੀ ਅਜਿਹੇ ਹੋ ਚੁੱਕੇ ਹਨ ਜਿਨ੍ਹਾਂ ਨਾਲ ਮਿਲਕੇ ਬਹੁਤ ਸਾਰੇ ਅੱਲਾਹ ਵਾਲਿਆਂ ਨੇ ਜਿਹਾਦ ਕੀਤਾ ਹੈ, ਉਹਨਾਂ ਨੂੰ ਵੀ ਅੱਲਾਹ ਦੀ ਰਾਹ ਵਿਚ ਮੁਸੀਬਤਾਂ ਦਾ ਸਾਹਮਣਾ ਕਰਨਾ ਪਿਆ ਪ੍ਰੰਤੂ ਨਾ ਤਾਂ ਉਹਨਾਂ ਨੇ ਹਿੰਮਤ ਹੀ ਹਾਰੀ, ਨਾ ਹੀ ਕਮਜ਼ੋਰੀ ਵਿਖਾਈ ਅਤੇ ਨਾ ਹੀ ਕਾਫ਼ਿਰਾਂ ਅੱਗੇ ਨੀਵੇਂ ਹੋਏ। ਅੱਲਾਹ (ਅਜਿਹੇ) ਸਬਰ ਕਰਨ ਵਾਲਿਆਂ ਨੂੰ ਹੀ ਪਸੰਦ ਕਰਦਾ ਹੈ।

وَمَا كَانَ قَوْلَهُمْ اِلَّآ اَنْ قَالُوْا رَبَّنَا اغْفِرْ لَنَا
ذُنُوْبَنَا وَاِسْرَافَنَا فِيْۤ اَمْرِنَا وَثَبِّتْ اَقْدَامَنَا
وَانْصُرْنَا عَلَى الْقَوْمِ الْكٰفِرِيْنَ ﴿۱۴۷﴾

147. ਇਹ (ਨੇਕ ਲੋਕ) ਤਾਂ ਇਹੋ ਕਹਿੰਦੇ ਹਨ ਕਿ ਹੇ ਸਾਡੇ ਪਾਲਣਹਾਰ! ਸਾਡੇ ਗੁਨਾਹਾਂ ਨੂੰ ਬਖ਼ਸ਼ ਦੇ ਅਤੇ ਸਾਥੋਂ ਸਾਡੇ ਕੰਮਾਂ ਵਿਚ ਜੋ ਤੇਰੇ ਹੁਕਮਾਂ ਦੀ ਉਲੰਘਣਾ ਹੋਈ ਹੈ ਉਸ ਨੂੰ ਵੀ ਮੁਆਫ਼ ਕਰਦੇ ਅਤੇ ਸਾਡੇ ਪੈਰਾਂ ਨੂੰ (ਜਿਹਾਦ ਕਰਨ ਵੇਲੇ) ਜਮਾ ਦੇ ਅਤੇ ਕਾਫ਼ਿਰਾਂ ਦੇ ਮੁਕਾਬਲੇ ਸਾਡੀ ਮਦਦ ਫ਼ਰਮਾ।

فَاٰتٰىهُمُ اللّٰهُ ثَوَابَ الدُّنْيَا وَحُسْنَ ثَوَابِ
الْاٰخِرَةِ ؕ وَاللّٰهُ يُحِبُّ الْمُحْسِنِيْنَ ﴿۱۴۸﴾

148. ਸੋ ਅੱਲਾਹ ਨੇ ਉਹਨਾਂ ਲੋਕਾਂ ਨੂੰ ਦੁਨੀਆਂ ਵਿਚ ਵੀ ਬਦਲਾ ਦਿੱਤਾ ਅਤੇ ਆਖ਼ਿਰਤ ਵਿਚ ਬਦਲਾ (ਇਸ ਦੁਨੀਆਂ ਤੋਂ) ਸੋਹਣਾ ਬਖ਼ਸ਼ੇਗਾ। ਅੱਲਾਹ ਨੇਕ ਲੋਕਾਂ ਨੂੰ ਹੀ ਆਪਣਾ ਮਿੱਤਰ ਬਣਾਉਂਦਾ ਹੈ।

يٰۤاَيُّهَا الَّذِيْنَ اٰمَنُوْۤا اِنْ تُطِيْعُوا الَّذِيْنَ كَفَرُوْا
يَرُدُّوْكُمْ عَلٰۤى اَعْقَابِكُمْ فَتَنْقَلِبُوْا خٰسِرِيْنَ ﴿۱۴۹﴾

149. ਹੇ ਈਮਾਨ ਵਾਲਿਓ! ਜੇ ਤੁਸੀਂ ਕਾਫ਼ਿਰਾਂ ਦੀਆਂ ਗੱਲਾਂ ਮੰਨੋਗੇ ਤਾਂ ਇਹ ਤੁਹਾਨੂੰ ਪੁੱਠੇ ਫੇਰ ਲੈ ਜਾਣਗੇ[1] (ਭਾਵ ਤੁਹਾਨੂੰ ਮੁੜ ਕਾਫ਼ਿਰ ਬਣਾ ਦੇਣਗੇ) ਫੇਰ ਤੁਸੀਂ ਨਾ ਮੁਰਾਦ ਹੋ ਜਾਓਗੇ।

---

[1] ਭਾਵ ਜਿਸ ਥਾਂ ਸ਼ਿਰਕ ਹੋ ਰਿਹਾ ਹੋਵੇ ਉਸ ਥਾਂ ਵੱਸਣਾ ਨਹੀਂ ਚਾਹੀਦਾ ਨਬੀ ਕਰੀਮ ਸ. ਨੇ ਫ਼ਰਮਾਇਆ ਜਿਹੜਾ ਵਿਅਕਤੀ ਮੁਸ਼ਰਿਕ ਦੇ ਨਾਲ ਰਹੇਗਾ ਉਹ ਉਸੇ ਜਿਹਾ ਹੀ ਹੈ। (ਸੁਨਨ ਅਬੂ ਦਾਊਦ, ਹਦੀਸ: 2787)

- ਇਸ ਹਦੀਸ ਤੋਂ ਇਹ ਸਿੱਖਿਆ ਮਿਲਦੀ ਹੈ ਕਿ ਜੇ ਕਿਸੇ ਗ਼ੈਰ ਮੁਸਲਿਮ ਦੇਸ਼ ਵਿਚ ਕੋਈ ਰਹਿੰਦਾ ਹੈ ਤਾਂ ਉਸ ਲਈ ਜ਼ਰੂਰੀ ਹੈ ਕਿ ਦੀਨ ਦੀ ਤਬਲੀਗ਼ ਕਰੇ।

بَلِ اللّٰهُ مَوْلٰىكُمْ ۚ وَهُوَ خَيْرُ النّٰصِرِيْنَ ﴿١٥٠﴾

150. ਹਕੀਕਤ ਵਿਚ ਅੱਲਾਹ ਹੀ ਤੁਹਾਡਾ ਹਮਾਇਤੀ ਹੈ ਅਤੇ ਉਹੀਓ ਸਭ ਤੋਂ ਵਧੀਆ ਮਦਦ ਕਰਨ ਵਾਲਾ ਹੈ।

سَنُلْقِيْ فِيْ قُلُوْبِ الَّذِيْنَ كَفَرُوا الرُّعْبَ بِمَآ
اَشْرَكُوْا بِاللّٰهِ مَا لَمْ يُنَزِّلْ بِهٖ سُلْطٰنًا ۚ
وَمَاْوٰىهُمُ النَّارُ ۗ وَبِئْسَ مَثْوَى الظّٰلِمِيْنَ ﴿١٥١﴾

151. ਅਸੀਂ (ਅੱਲਾਹ ਛੇਤੀ ਹੀ) ਕਾਫ਼ਿਰਾਂ ਦੇ ਮਨਾਂ ਵਿਚ ਤੁਹਾਡਾ ਰੋਅਬ ਬਿਠਾ ਦੇਵਾਂਗੇ ਇਸ ਲਈ ਕਿ ਇਹ ਲੋਕੀ ਅੱਲਾਹ ਦੇ ਨਾਲ ਉਹਨਾਂ ਨੂੰ ਵੀ (ਰੱਬ ਦੀ ਖ਼ੁਦਾਈ ਵਿਚ) ਸ਼ਰੀਕ ਕਰਦੇ ਹਨ ਜਿਸ ਦੀ ਕੋਈ ਵੀ ਦਲੀਲ ਰੱਬ ਵੱਲੋਂ ਨਹੀਂ ਉਤਾਰੀ ਗਈ। ਉਹਨਾਂ ਦਾ ਟਿਕਾਣਾ ਨਰਕ ਹੀ ਹੈ ਅਤੇ ਇਹ ਇਹਨਾਂ (ਸ਼ਿਰਕ ਕਰਨ ਵਾਲੇ) ਜ਼ਾਲਮਾਂ ਲਈ ਭੈੜੀ ਜਗ੍ਹਾ ਹੈ।

وَلَقَدْ صَدَقَكُمُ اللّٰهُ وَعْدَهٗٓ اِذْ تَحُسُّوْنَهُمْ بِاِذْنِهٖ ۚ
حَتّٰٓى اِذَا فَشِلْتُمْ وَتَنَازَعْتُمْ فِي الْاَمْرِ وَعَصَيْتُمْ
مِّنْۢ بَعْدِ مَآ اَرٰىكُمْ مَّا تُحِبُّوْنَ ۭ مِنْكُمْ مَّنْ
يُّرِيْدُ الدُّنْيَا وَمِنْكُمْ مَّنْ يُّرِيْدُ الْاٰخِرَةَ ۚ ثُمَّ
صَرَفَكُمْ عَنْهُمْ لِيَبْتَلِيَكُمْ ۚ وَلَقَدْ عَفَا عَنْكُمْ ۭ
وَاللّٰهُ ذُوْ فَضْلٍ عَلَي الْمُؤْمِنِيْنَ ﴿١٥٢﴾

152. ਹੇ ਨਬੀ! ਬੇਸ਼ੱਕ ਅੱਲਾਹ ਨੇ ਤੁਹਾਡੇ ਨਾਲ (ਮਦਦ ਕਰਨ ਦਾ) ਕੀਤਾ ਹੋਇਆ ਬਚਨ ਪੂਰੀ ਤਰ੍ਹਾਂ ਨਿਭਾਇਆ ਜਦੋਂ ਤੁਸੀਂ (ਉਹਦ ਵਿਚ) ਉਸ ਦੇ ਹੁਕਮ ਨਾਲ ਕਾਫ਼ਿਰਾਂ ਨੂੰ ਕਤਲ ਕਰ ਰਹੇ ਸੀ, ਪਰ ਜਦੋਂ ਤੁਸੀਂ ਕਮਜ਼ੋਰੀ ਵਿਖਾਈ ਅਤੇ ਆਪਣੇ ਕੰਮਾਂ ਵਿਚ ਇਕ ਦੂਜੇ ਨਾਲ ਮਤਭੇਦ ਕੀਤਾ ਅਤੇ ਜਿਵੇਂ ਹੀ ਅੱਲਾਹ ਨੇ ਤੁਹਾਨੂੰ (ਗ਼ਨੀਮਤ ਦੇ ਮਾਲ ਦੀ ਝਲਕ) ਵਿਖਾਈ ਜਿਸ ਨਾਲ ਤੁਸੀਂ ਮੁਹੱਬਤ ਕਰਦੇ ਸੀ ਤਾਂ ਤੁਸੀਂ (ਰਸੂਲ ਦੀ) ਨਾ-ਫ਼ਰਮਾਨੀ ਕੀਤੀ। ਇਹ ਇਸ ਲਈ ਕਿ ਤੁਹਾਡੇ ਵਿੱਚੋਂ ਕੁੱਝ ਲੋਕ ਦੁਨੀਆਂ ਨੂੰ ਚਾਹੁੰਦੇ ਸੀ ਅਤੇ ਕੁੱਝ ਆਖ਼ਿਰਤ ਦੇ ਹੀ ਇੱਛੁਕ ਸਨ। ਫੇਰ ਅੱਲਾਹ ਨੇ ਤੁਹਾਨੂੰ ਕਾਫ਼ਿਰਾਂ ਦੇ ਮੁਕਾਬਲੇ ਵਿਚ ਪਰਾਜਿਤ ਕਰ ਦਿੱਤਾ ਤਾਂ ਜੋ ਤੁਹਾਡੀ ਅਜ਼ਮਾਇਸ਼ ਕਰੇ। ਫੇਰ ਵੀ ਅੱਲਾਹ ਨੇ ਤੁਹਾਡੀਆਂ ਗ਼ਲਤੀਆਂ ਨੂੰ ਮੁਆਫ਼ ਕਰ ਦਿੱਤਾ। ਅੱਲਾਹ ਈਮਾਨ ਵਾਲਿਆਂ 'ਤੇ ਬਹੁਤ ਹੀ ਵੱਡੀ ਮਿਹਰ ਕਰਦਾ ਹੈ।

153. ਯਾਦ ਕਰੋ ਜਦੋਂ ਤੁਸੀਂ (ਹਾਰ ਦੇ ਕਾਰਨ ਮੈਦਾਨ ਵਿੱਚੋਂ) ਭੱਜੇ ਜਾ ਰਹੇ ਸੀ ਅਤੇ ਕਿਸੇ ਵੱਲ ਮੁੜ ਕੇ ਵੇਖਦੇ ਵੀ ਨਹੀਂ ਸੀ ਅਤੇ ਰਸੂਲ (ਹਜ਼ਰਤ ਮੁਹੰਮਦ) ਤੁਹਾਡੇ ਪਿੱਛੇ ਤੁਹਾਨੂੰ ਸੱਦ ਰਹੇ ਸੀ। ਫੇਰ ਅੱਲਾਹ ਨੇ ਤੁਹਾਨੂੰ ਉੱਪਰ ਥੱਲੇ ਦੁੱਖ ਇਸ ਲਈ ਦਿੱਤੇ ਤਾਂ ਜੋ ਤੁਸੀਂ ਸਿੱਖਿਆ ਪ੍ਰਾਪਤ ਕਰ ਸਕੋਂ ਕਿ ਜੋ ਵੀ ਤੁਹਾਡੇ ਹੱਥੋਂ ਖੁੱਸ ਜਾਵੇ ਜਾਂ ਤੁਹਾਡੇ 'ਤੇ ਕੋਈ ਮੁਸੀਬਤ ਆ ਜਾਵੇ ਉਸ ਉੱਤੇ ਤੁਹਾਨੂੰ ਉਦਾਸ ਹੋਣ ਦੀ ਕੋਈ ਲੋੜ ਨਹੀਂ। ਅੱਲਾਹ ਤੁਹਾਡੇ ਅਮਲਾਂ ਤੋਂ ਪੂਰੀ ਤਰ੍ਹਾਂ ਜਾਣੂ ਹੈ।

إِذْ تُصْعِدُونَ وَلَا تَلْوُونَ عَلَىٰ أَحَدٍ وَالرَّسُولُ
يَدْعُوكُمْ فِي أُخْرَاكُمْ فَأَثَابَكُمْ غَمًّا بِغَمٍّ
لِكَيْلَا تَحْزَنُوا عَلَىٰ مَا فَاتَكُمْ وَلَا مَا أَصَابَكُمْ
وَاللَّهُ خَبِيرٌ بِمَا تَعْمَلُونَ (153)

154. ਫੇਰ ਉਸ (ਅੱਲਾਹ ਨੇ ਕਸ਼ਟ ਮਗਰੋਂ) ਤੁਹਾਡੇ 'ਤੇ ਸੰਤੋਖ ਨਾਜ਼ਿਲ ਕੀਤਾ ਅਤੇ ਤੁਹਾਡੇ ਵਿੱਚੋਂ ਇਕ ਟੋਲੇ ਨੂੰ ਊਂਘ ਆਉਣ ਲੱਗ ਪਈ, ਹਾਂ ਇਹਨਾਂ ਵਿੱਚੋਂ ਕੁੱਝ ਅਜਿਹੇ ਲੋਕ ਵੀ ਸਨ ਜਿਨ੍ਹਾਂ ਨੂੰ ਆਪਣੀਆਂ ਜਾਨਾਂ ਦੀ ਚਿੰਤਾ ਲੱਗੀ ਹੋਈ ਸੀ, ਇਹ ਲੋਕ ਅੱਲਾਹ ਪ੍ਰਤੀ ਤਰ੍ਹਾਂ ਤਰ੍ਹਾਂ ਦੀਆਂ ਅਗਿਆਨਤਾ ਭਰੀਆਂ ਗੱਲਾਂ ਕਰ ਰਹੇ ਸਨ ਕਿ ਸਾਨੂੰ ਵੀ ਰੱਬ ਨੇ ਕੋਈ ਅਧਿਕਾਰ ਦਿੱਤਾ ਹੈ? (ਹੇ ਨਬੀ!) ਤੁਸੀਂ ਆਖ ਦਿਓ ਕਿ ਸਾਰੇ ਕੰਮ ਅੱਲਾਹ ਦੇ ਹੀ ਅਧਿਕਾਰ ਵਿਚ ਹਨ। ਉਹ ਲੋਕ ਆਪਣੇ ਦਿਲਾਂ ਦੀਆਂ ਗੱਲਾਂ ਤੁਹਾਨੂੰ ਨਹੀਂ ਦੱਸਦੇ। ਕਹਿੰਦੇ ਹਨ, ਕੀ ਜੇਕਰ ਸਾਨੂੰ ਵੀ ਕੋਈ ਅਧਿਕਾਰ ਹੁੰਦਾ ਤਾਂ ਅਸੀਂ ਇਸ ਥਾਂ 'ਤੇ ਕਤਲ ਨਾ ਕੀਤੇ ਜਾਂਦੇ। (ਹੇ ਨਬੀ!) ਤੁਸੀਂ ਆਖ ਦਿਓ ਕਿ ਜੇ ਤੁਸੀਂ ਆਪਣੇ ਘਰਾਂ ਵਿਚ ਹੁੰਦੇ ਫੇਰ ਵੀ ਜਿਨ੍ਹਾਂ ਦੀ ਤਕਦੀਰ ਵਿਚ ਕਤਲ ਹੋਣਾ ਸੀ ਉਹ ਆਪਣੇ ਮਰਨ ਟਿਕਾਣਿਆਂ ਵੱਲ ਆਪ ਹੀ ਨਿਕਲ ਆਉਂਦੇ। ਇਹ ਸਭ ਕੁੱਝ ਇਸ ਲਈ ਹੋਇਆ ਸੀ ਕਿ ਜੋ ਕੁੱਝ ਵੀ ਤੁਹਾਡੇ ਮਨਾਂ ਵਿਚ ਹੈ (ਅੱਲਾਹ) ਉਸ ਨੂੰ ਪਰਖੇ

ثُمَّ أَنْزَلَ عَلَيْكُمْ مِنْ بَعْدِ الْغَمِّ أَمَنَةً نُعَاسًا
يَغْشَىٰ طَائِفَةً مِنْكُمْ وَطَائِفَةٌ قَدْ أَهَمَّتْهُمْ
أَنْفُسُهُمْ يَظُنُّونَ بِاللَّهِ غَيْرَ الْحَقِّ ظَنَّ الْجَاهِلِيَّةِ
يَقُولُونَ هَلْ لَنَا مِنَ الْأَمْرِ مِنْ شَيْءٍ قُلْ
إِنَّ الْأَمْرَ كُلَّهُ لِلَّهِ يُخْفُونَ فِي أَنْفُسِهِمْ
مَا لَا يُبْدُونَ لَكَ يَقُولُونَ لَوْ كَانَ لَنَا مِنَ
الْأَمْرِ شَيْءٌ مَا قُتِلْنَا هَاهُنَا قُلْ لَوْ كُنْتُمْ
فِي بُيُوتِكُمْ لَبَرَزَ الَّذِينَ كُتِبَ عَلَيْهِمُ الْقَتْلُ
إِلَىٰ مَضَاجِعِهِمْ وَلِيَبْتَلِيَ اللَّهُ مَا فِي صُدُورِكُمْ
وَلِيُمَحِّصَ مَا فِي قُلُوبِكُمْ وَاللَّهُ عَلِيمٌ
بِذَاتِ الصُّدُورِ (154)

ਅਤੇ ਜੋ ਵੀ ਤੁਹਾਡੇ ਮਨਾਂ ਵਿਚ ਖੋਟ ਹੈ ਉਸ ਨੂੰ ਪਾਕ ਕਰੇ। ਅੱਲਾਹ ਮਨਾਂ ਦੇ ਭੇਤਾਂ ਨੂੰ ਭਲੀ-ਭਾਂਤ ਜਾਣਦਾ ਹੈ।

إِنَّ الَّذِينَ تَوَلَّوْا مِنكُمْ يَوْمَ الْتَقَى الْجَمْعَانِ إِنَّمَا اسْتَزَلَّهُمُ الشَّيْطَانُ بِبَعْضِ مَا كَسَبُوا وَلَقَدْ عَفَا اللَّهُ عَنْهُمْ إِنَّ اللَّهَ غَفُورٌ حَلِيمٌ ﴿١٥٥﴾

155. ਬੇਸ਼ੱਕ ਜਦੋਂ ਦੋਵਾਂ ਧੜ੍ਹਿਆਂ ਦੀ ਓਹਦ ਵਿਚ ਟੱਕਰ ਹੋਈ ਸੀ ਉਦੋਂ ਤੁਹਾਡੇ (ਮੁਸਲਮਾਨਾਂ) ਵਿੱਚੋਂ ਜਿਨ੍ਹਾਂ ਨੇ ਪਿੱਠ ਵਿਖਾਈ ਸੀ ਉਹ ਲੋਕ ਆਪਣੀਆਂ ਕੁੱਝ ਕਮਜ਼ੋਰੀਆਂ ਕਾਰਨ ਸ਼ੈਤਾਨ ਦੇ ਬਹਿਕਾਵੇ ਵਿਚ ਆ ਗਏ ਪ੍ਰੰਤੂ ਫੇਰ ਅੱਲਾਹ ਨੇ ਉਹਨਾਂ ਨੂੰ ਮੁਆਫ਼ ਕਰ ਦਿੱਤਾ। ਬੇਸ਼ੱਕ ਅੱਲਾਹ ਡਾਢਾ ਬਖ਼ਸ਼ਣਹਾਰ ਅਤੇ ਵੱਡਾ ਸਹਿਣਸ਼ੀਲ ਹੈ।

يَا أَيُّهَا الَّذِينَ آمَنُوا لَا تَكُونُوا كَالَّذِينَ كَفَرُوا وَقَالُوا لِإِخْوَانِهِمْ إِذَا ضَرَبُوا فِي الْأَرْضِ أَوْ كَانُوا غُزًّى لَّوْ كَانُوا عِندَنَا مَا مَاتُوا وَمَا قُتِلُوا لِيَجْعَلَ اللَّهُ ذَٰلِكَ حَسْرَةً فِي قُلُوبِهِمْ وَاللَّهُ يُحْيِي وَيُمِيتُ وَاللَّهُ بِمَا تَعْمَلُونَ بَصِيرٌ ﴿١٥٦﴾

156. ਹੇ ਈਮਾਨ ਵਾਲਿਓ! ਤੁਸੀਂ ਉਹਨਾਂ ਲੋਕਾਂ ਵਾਂਗ ਨਾ ਹੋ ਜਾਣਾ ਜਿਨ੍ਹਾਂ ਨੇ ਕੁਫ਼ਰ ਕੀਤਾ ਸੀ ਅਤੇ ਆਪਣੇ ਮੁਸਲਮਾਨ ਭਰਾਵਾਂ ਲਈ, ਜਦੋਂ ਉਹ ਸਫ਼ਰ ਲਈ ਜਾਂ ਜਿਹਾਦ ਲਈ ਨਿਕਲਦੇ, ਹਮਦਰਦੀ ਵਜੋਂ ਆਖਦੇ ਕਿ ਜੇ ਇਹ ਸਾਡੇ ਕੋਲ ਹੁੰਦੇ ਤਾਂ ਨਾ ਉਹ ਕਿਸੇ ਨੂੰ ਮਾਰਦੇ ਨਾ ਹੀ ਆਪ ਮਰਦੇ। ਇੰਜ ਅੱਲਾਹ ਨੇ ਉਹਨਾਂ ਦੀਆਂ ਗੱਲਾਂ ਨੂੰ ਉਹਨਾਂ ਦੇ ਦਿਲਾਂ ਦੇ ਪਛਤਾਵੇ ਦਾ ਕਾਰਨ ਬਣਾ ਛੱਡਿਆ ਹੈ। ਅੱਲਾਹ ਹੀ ਜਿਊਂਦਾ ਰੱਖਣ ਵਾਲਾ ਅਤੇ ਮਾਰਨ ਵਾਲਾ ਹੈ ਅਤੇ ਅੱਲਾਹ ਤੁਹਾਡੇ ਸਾਰੇ ਅਮਲਾਂ ਨੂੰ ਵੇਖ ਰਿਹਾ ਹੈ।

وَلَئِن قُتِلْتُمْ فِي سَبِيلِ اللَّهِ أَوْ مُتُّمْ لَمَغْفِرَةٌ مِّنَ اللَّهِ وَرَحْمَةٌ خَيْرٌ مِّمَّا يَجْمَعُونَ ﴿١٥٧﴾

157. ਜੇ ਤੁਸੀਂ ਅੱਲਾਹ ਦੀ ਰਾਹ ਵਿਚ ਮਾਰੇ ਜਾਓ ਜਾਂ ਮਰ ਜਾਓ ਤਾਂ ਬੇਸ਼ੱਕ ਅੱਲਾਹ ਦੀ ਬਖ਼ਸ਼ਿਸ਼ ਅਤੇ ਮਿਹਰਾਂ ਇਹਨਾਂ ਸੰਸਾਰਿਕ ਵਸਤੂਆਂ ਤੋਂ ਕੀਤੇ ਵਧੀਆ ਹਨ ਜਿਹੜੀਆਂ ਇਹ ਲੋਕ ਜੋੜਦੇ ਹਨ।

وَلَئِن مُّتُّمْ أَوْ قُتِلْتُمْ لَإِلَى اللَّهِ تُحْشَرُونَ ﴿١٥٨﴾

158. ਭਾਵੇਂ ਤੁਸੀਂ (ਆਪਣੀ ਮੌਤ) ਆਪ ਮਰੋ ਜਾਂ ਤੁਸੀਂ ਮਾਰੇ ਜਾਓ, ਤੁਸਾਂ ਇਕੱਠੇ ਤਾਂ ਅੱਲਾਹ ਕੋਲ ਹੀ ਕੀਤੇ ਜਾਓਗੇ।

10

159. (ਹੇ ਮੁਹੰਮਦ ਸ.!) ਅੱਲਾਹ ਦੀ ਮਿਹਰ ਸਦਕਾ ਤੁਸੀਂ ਇਹਨਾਂ ਲੋਕਾਂ ਪ੍ਰਤੀ ਨਰਮ ਸੁਭਾਅ ਵਾਲੇ ਹੋ, ਜੇਕਰ ਤੁਸੀਂ ਕੌੜੀ ਜ਼ੁਬਾਨ ਅਤੇ ਕਠੋਰ ਦਿਲ ਵਾਲੇ ਹੁੰਦੇ ਤਾਂ ਇਹ ਸਾਰੇ ਲੋਕ ਤੁਹਾਡੇ ਆਲੇ-ਦੁਆਲੇ ਤੋਂ ਖਿੰਡ ਜਾਂਦੇ। ਸੋ ਤੁਸੀਂ ਇਹਨਾਂ (ਦੀਆਂ ਭੁੱਲਾਂ) ਨੂੰ ਮੁਆਫ਼ ਕਰ ਦੇਵੋ ਅਤੇ ਇਹਨਾਂ ਲਈ (ਰੱਬ ਤੋਂ) ਮੁਆਫ਼ੀ ਦੀ ਅਰਦਾਸ ਕਰੋ ਅਤੇ ਇਹਨਾਂ ਤੋਂ ਸਲਾਹ ਮਸ਼ਵਰਾ ਲੈ ਲਿਆ ਕਰੋ, ਫੇਰ ਜਦੋਂ ਤੁਹਾਡਾ ਇਰਾਦਾ (ਮਸ਼ਵਰੇ ਤੋਂ ਮਗਰੋਂ) ਕਿਸੇ ਸੁਝਾਓ 'ਤੇ ਪੱਕਾ ਹੋ ਜਾਵੇ ਤਾਂ ਫੇਰ (ਉਸ 'ਤੇ ਅਮਲ ਕਰਦੇ ਹੋਏ) ਅੱਲਾਹ ਉੱਤੇ ਭਰੋਸਾ ਕਰੋ। ਬੇਸ਼ੱਕ ਅੱਲਾਹ ਭਰੋਸਾ ਕਰਨ ਵਾਲਿਆਂ ਨੂੰ ਪਸੰਦ ਕਰਦਾ ਹੈ.

فَبِمَا رَحْمَةٍ مِّنَ اللَّهِ لِنتَ لَهُمْ ۖ وَلَوْ كُنتَ
فَظًّا غَلِيظَ الْقَلْبِ لَانفَضُّوا مِنْ حَوْلِكَ ۖ
فَاعْفُ عَنْهُمْ وَاسْتَغْفِرْ لَهُمْ وَشَاوِرْهُمْ فِي
الْأَمْرِ ۖ فَإِذَا عَزَمْتَ فَتَوَكَّلْ عَلَى اللَّهِ ۚ إِنَّ
اللَّهَ يُحِبُّ الْمُتَوَكِّلِينَ ﴿١٥٩﴾

160. ਜੇ ਅੱਲਾਹ ਤੁਹਾਡੀ ਸਹਾਇਤਾ 'ਤੇ ਆ ਜਾਵੇ ਤਾਂ ਤੁਹਾਡੇ 'ਤੇ ਕੋਈ ਵੀ ਭਾਰੂ ਨਹੀਂ ਹੋ ਸਕਦਾ, ਜੇ ਉਹੀਓ ਤੁਹਾਨੂੰ (ਇਕੱਲਾ) ਛੱਡ ਦੇਵੇ ਤਾਂ ਉਸ ਪਿੱਛੋਂ ਕੌਣ ਹੈ ਜਿਹੜਾ ਤੁਹਾਡੀ ਸਹਾਇਤਾ ਕਰ ਸਕਦਾ ਹੈ? ਈਮਾਨ ਵਾਲਿਆਂ ਨੂੰ ਤਾਂ ਅੱਲਾਹ 'ਤੇ ਹੀ ਭਰੋਸਾ ਕਰਨਾ ਚਾਹੀਦਾ ਹੈ।

إِن يَنصُرْكُمُ اللَّهُ فَلَا غَالِبَ لَكُمْ ۖ وَإِن
يَخْذُلْكُمْ فَمَن ذَا الَّذِي يَنصُرُكُم مِّن
بَعْدِهِ ۗ وَعَلَى اللَّهِ فَلْيَتَوَكَّلِ الْمُؤْمِنُونَ ﴿١٦٠﴾

161. ਅਸੰਭਵ ਹੈ ਕਿ ਕਿਸੇ ਨਬੀ ਤੋਂ ਕਿਸੇ ਪ੍ਰਕਾਰ ਦੀ ਖ਼ਿਆਨਤਾਂ (ਹੇਰਾ-ਫੇਰੀ) ਹੋਵੇ ਅਤੇ ਜੇ ਕੋਈ ਖ਼ਿਆਨਤ ਕਰੇਗਾ ਤਾਂ ਉਹ ਆਪਣੀ ਹੇਰਾ ਫੇਰੀ ਨੂੰ ਲੈਕੇ ਕਿਆਮਤ ਦਿਹਾੜੇ (ਰੱਬ ਦੇ ਹਜ਼ੂਰ) ਹਾਜ਼ਿਰ ਹੋਵੇਗਾ, ਜਿੱਥੇ ਹਰ ਵਿਅਕਤੀ ਨੂੰ ਉਸ ਵੱਲੋਂ ਕੀਤੇ ਕੰਮਾਂ ਦਾ ਪੂਰਾ ਪੂਰਾ ਬਦਲਾ ਦਿੱਤਾ ਜਾਵੇਗਾ, ਕਿਸੇ ਨਾਲ ਕਿਸੇ ਪ੍ਰਕਾਰ ਦਾ ਧੋਖਾ ਨਹੀਂ ਹੋਵੇਗਾ।

وَمَا كَانَ لِنَبِيٍّ أَن يَغُلَّ ۚ وَمَن يَغْلُلْ يَأْتِ بِمَا
غَلَّ يَوْمَ الْقِيَامَةِ ۚ ثُمَّ تُوَفَّىٰ كُلُّ نَفْسٍ مَّا كَسَبَتْ
وَهُمْ لَا يُظْلَمُونَ ﴿١٦١﴾

[1] ਹਜ਼ਰਤ ਅਬੂ-ਹੁਰੈਰਾ ਨੇ ਕਿਹਾ ਕਿ ਨਬੀ ਕਰੀਮ ਸ. ਨੇ ਖੜੇ ਹੋ ਕੇ ਸਾਨੂੰ ਸੰਬੋਧਨ ਕੀਤਾ ਅਤੇ ਆਪ ਸ. ਨੇ ਲੁੱਟ ਮਾਰ ਦੇ ਮਾਲ ਵਿੱਚੋਂ ਚੋਰੀ ਕਰਨ ਦੇ ਸੰਬੰਧ ਵਿਚ ਫ਼ਰਮਾਇਆ ਅਤੇ ਇਸ ਨੂੰ ਬਹੁਤ ਵੱਡਾ ਪਾਪ ਦੱਸਿਆ ਅਤੇ ਇਸ ਲਈ ਸਖ਼ਤ ਸਜ਼ਾ ਮਿਲਣ ਦੀ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਵੇਖੋ ਇੰਜ ਨਾ ਹੋਵੇ ਕਿ ਮੈਂ ਤੁਹਾਡੇ ਵਿੱਚੋਂ ਕਿਸੇ ਨੂੰ ਕਿਆਮਤ ਦਿਹਾੜੇ ਆਪਣੀ ਗਰਦਨ 'ਤੇ ਬੱਕਰੀ ਲੱਦੀ ਹੋਈ ਵੇਖਾਂ।

162. ਉਹ ਵਿਅਕਤੀ ਜਿਹੜਾ (ਸਦਾ ਹੀ) ਅੱਲਾਹ ਨੂੰ ਖ਼ੁਸ਼ ਕਰਨ ਵਿਚ ਲੱਗਿਆ ਰਹਿੰਦਾ ਹੈ, ਕੀ ਉਹ ਉਸ ਵਿਅਕਤੀ ਵਾਂਗ ਹੋ ਸਕਦਾ ਹੈ ਜਿਹੜਾ ਅੱਲਾਹ ਨੂੰ (ਆਪਣੇ ਕੰਮਾਂ ਕਾਰਨ ਸਦਾ) ਨਾਰਾਜ਼ ਰੱਖਦਾ ਹੈ ਅਤੇ ਜਿਨ੍ਹਾਂ ਦਾ ਟਿਕਾਣਾ ਨਰਕ ਹੈ ਜਿਹੜੀ ਬਹੁਤ ਹੀ ਭੈੜੀ ਥਾਂ ਹੈ?

أَفَمَنِ اتَّبَعَ رِضْوَانَ اللَّهِ كَمَن بَاءَ بِسَخَطٍ مِّنَ اللَّهِ وَمَأْوَاهُ جَهَنَّمُ ۚ وَبِئْسَ الْمَصِيرُ ﴿١٦٢﴾

163. ਅੱਲਾਹ ਕੋਲ ਉਨ੍ਹਾਂ (ਦੋਵਾਂ ਤਰ੍ਹਾਂ ਦੇ) ਲੋਕਾਂ ਲਈ (ਵੱਖਰੇ ਵੱਖਰੇ) ਦਰਜੇ ਹਨ ਅਤੇ ਉਹਨਾਂ ਸਭ ਦੇ ਅਮਲਾਂ ਨੂੰ ਅੱਲਾਹ ਵੇਖ ਰਿਹਾ ਹੈ।

هُمْ دَرَجَاتٌ عِندَ اللَّهِ ۗ وَاللَّهُ بَصِيرٌ بِمَا يَعْمَلُونَ ﴿١٦٣﴾

164. ਬੇਸ਼ੱਕ ਅੱਲਾਹ ਨੇ ਮੁਸਲਮਾਨਾਂ 'ਤੇ ਬਹੁਤ ਵੱਡਾ ਅਹਿਸਾਨ ਕੀਤਾ ਹੈ ਕਿ ਉਹਨਾਂ ਵਿਚ ਖ਼ੁਦ ਉਹਨਾਂ ਲਈ ਇਕ ਰਸੂਲ ਭੇਜਿਆ ਜੋ ਉਹਨਾਂ ਨੂੰ ਇਸ (ਕੁਰਆਨ) ਦੀਆਂ ਆਇਤਾਂ ਪੜ੍ਹਕੇ ਸੁਣਾਉਂਦਾ ਹੈ ਤੇ ਉਹਨਾਂ ਨੂੰ (ਸ਼ਿਰਕ ਤੋਂ) ਪਾਕ ਕਰਦਾ ਹੈ ਅਤੇ ਉਹਨਾਂ ਨੂੰ ਕਿਤਾਬ (.ਕੁਰਆਨ) ਤੇ ਹਿਕਮਤ (ਹਦੀਸ) ਦੀਆਂ ਗੱਲਾਂ ਸਿਖਾਉਂਦਾ ਹੈ।[1] ਜਦੋਂ ਕਿ

لَقَدْ مَنَّ اللَّهُ عَلَى الْمُؤْمِنِينَ إِذْ بَعَثَ فِيهِمْ رَسُولًا مِّنْ أَنفُسِهِمْ يَتْلُو عَلَيْهِمْ آيَاتِهِ وَيُزَكِّيهِمْ وَيُعَلِّمُهُمُ الْكِتَابَ وَالْحِكْمَةَ وَإِن كَانُوا مِن قَبْلُ لَفِي ضَلَالٍ مُّبِينٍ ﴿١٦٤﴾

---

[1] ਇਸ ਤੋਂ ਸਿੱਧ ਹੁੰਦਾ ਹੈ ਕਿ ਹਿਦਾਇਤ ਅਤੇ ਮਨ ਦੀ ਪਵਿੱਤਰਤਾ ਲਈ ਅੱਲਾਹ ਦੇ ਰਸੂਲ ਸ: ਦੀਆਂ ਸੁੰਨਤਾਂ ਦੀ ਪੈਰਵੀ ਕਰਨਾ ਅਤਿ ਜ਼ਰੂਰੀ ਹੈ ਅੱਲਾਹ ਨੇ ਸੂਰਤ ਫ਼ੁਰਕਾਨ ਵਿਚ ਫ਼ਰਮਾਇਆ ਹੈ ਕਿ ਹੇ ਰੱਬਾ! ਸਾਨੂੰ ਪਰਹੇਜ਼ਗਾਰਾਂ ਦਾ ਆਗੂ ਬਣਾ ਦੇ। ਮੁਜਾਹਿਦ ਰਹਿ. ਨੇ ਆਖਿਆ ਕਿ ਇਸ ਤੋਂ ਭਾਵ ਹੈ ਕਿ ਅਸੀਂ ਬੀਤ ਚੁੱਕੇ ਲੋਕਾਂ ਦੀ ਪੈਰਵੀ ਕਰਈਏ ਅਤੇ ਸਾਡੇ ਮਗਰੋਂ ਆਉਣ ਵਾਲੇ ਸਾਡੀ ਪੈਰਵੀ ਕਰਨ ਅਤੇ ਇਬਨੇ ਔਨ ਰਹਿ: ਦਾ ਕਹਿਣਾ ਹੈ ਕਿ ਤਿੰਨ ਗੱਲਾਂ ਅਜਿਹਾ ਹਨ ਜਿਹੜੀਆਂ ਮੈਂ ਆਪਣੇ ਲਈ ਵੀ ਪਸੰਦ ਕਰਦਾ ਹਾਂ ਅਤੇ ਆਪਣੇ ਭਰਾਵਾਂ ਲਈ ਵੀ ਪਸੰਦ ਕਰਦਾ ਹਾਂ (1) ਮੁਸਲਮਾਨਾਂ ਨੂੰ ਚਾਹੀਦਾ ਹੈ ਕਿ ਰਸੂਲ ਸ: ਦੀਆਂ ਹਦੀਸਾਂ ਸਿੱਖਣ ਅਤੇ ਹਦੀਸ ਦੇ ਗਿਆਨੀਆਂ ਤੋਂ ਇਹਨਾਂ ਦੇ ਸੰਬੰਧ ਵਿਚ ਪੁੱਛਦੇ ਰਹਿਣ। (2) ਪਵਿੱਤਰ ਕੁਰਆਨ 'ਤੇ ਸੋਚ ਵਿਚਾਰ ਕਰਨ ਅਤੇ ਇਸ ਦੀ ਸਮਝ ਵਿਚ ਨਾ ਆਉਣ ਵਾਲੀਆਂ ਗੱਲਾਂ ਬਾਰੇ ਗਿਆਨੀਆਂ ਤੋਂ ਪੁੱਛਦੇ ਰਹਿਣ (3) ਛੁੱਟ ਭਲਾਈ ਦੀਆਂ ਗੱਲਾਂ ਤੋਂ ਕਿਸੇ ਦੇ ਮੁਆਮਲੇ ਵਿਚ ਦਖ਼ਲ ਨਹੀਂ ਦੇਣਾ ਚਾਹੀਦਾ ਅਤੇ ਨਾ ਕਿਸੇ ਦੀ ਚੁਗ਼ਲੀ ਕਰਨੀ ਚਾਹੀਦੀ ਹੈ ਅਤੇ ਭਲਾਈ ਦੇ ਉਦੇਸ਼ ਨਾਲ ਨਸੀਹਤਾਂ ਕਰਦੇ ਰਹੋ (ਸਹੀ ਬੁਖ਼ਾਰੀ, ਅਲ ਏਅਤਸਾਮ ਬਾਬ 2) ਇਕ ਹਦੀਸ ਵਿਚ ਨਬੀ ਕਰੀਮ ਸ: ਨੇ ਫ਼ਰਮਾਇਆ ਮੇਰੀ ਸਾਰੀ ਉੱਮਤ ਭਾਵੇਂ ਉਹ ਗੁਨਾਹਗਾਰ ਹੋਵੇ ਇਕ ਨਾ ਇਕ ਦਿਨ ਜੰਨਤ ਵਿਚ ਜ਼ਰੂਰ ਜਾਵੇਗਾ ਪਰ ਉਹ ਨਹੀਂ ਜਿਹੜਾ ਜੰਨਤ ਵਿਚ ਜਾਣ ਤੋਂ ਨਾ ਕਰਦਾ ਹੈ ਤਾਂ ਸਹਾਬਾ ਨੇ ਪੁੱਛਿਆ ਹੇ ਅੱਲਾਹ ਦੇ ਰਸੂਲ! ਉਹ ਕੌਣ ਹੈ ਜਿਹੜਾ ਜੰਨਤ ਵਿਚ ਜਾਣ ਤੋਂ ਨਾ ਕਰਦਾ ਹੈ ਤਾਂ ਆਪ

ਇਸ (ਨਬੀ) ਤੋਂ ਪਹਿਲਾਂ ਇਹ ਲੋਕ ਸਪਸ਼ਟ ਰੂਪ ਵਿਚ ਕੁਰਾਹੇ ਪਏ ਹੋਏ ਸਨ।

165. ਉਸ ਸਮੇਂ ਤੁਹਾਡਾ ਕੀ ਹਾਲ ਸੀ ਜਦੋਂ ਤੁਹਾਡੇ ਉੱਤੇ (ਉਹਦ ਦੇ ਮੈਦਾਨ ਵਿਚ) ਇਕ ਮੁਸੀਬਤ ਆ ਪਈ ਤਾਂ ਤੁਸੀਂ ਕਹਿਣ ਲੱਗੇ ਕਿ ਇਹ ਮੁਸੀਬਤ ਕਿੱਥੋਂ ਆਈ ਹੈ? ਜਦੋਂ ਕਿ ਇਸ ਤੋਂ ਪਹਿਲਾਂ ਬਦਰ ਦੇ ਮੈਦਾਨ ਵਿਚ ਤੁਸੀਂ ਇਹਨਾਂ ਕਾਫ਼ਰਾਂ ਨੂੰ ਦੂਣੀ ਮੁਸੀਬਤ ਦੇ ਚੁੱਕੇ ਹੋ। ਤਾਂ (ਹੇ ਨਬੀ!) ਤੁਸੀਂ ਆਖ ਦਿਓ ਕਿ ਇਹ ਸਾਰੀਆਂ ਮੁਸੀਬਤਾਂ ਤੁਹਾਡੀਆਂ ਆਪਣੀਆਂ ਸਹੇੜੀਆਂ ਹੋਈਆਂ ਹਨ। ਬੇਸ਼ੱਕ ਅੱਲਾਹ ਹਰ ਪ੍ਰਕਾਰ ਦੀ ਸਮਰੱਥਾ ਰੱਖਦਾ ਹੈ।

أَوَلَمَّا أَصَابَتْكُم مُّصِيبَةٌ قَدْ أَصَبْتُم مِّثْلَيْهَا
قُلْتُمْ أَنَّىٰ هَٰذَا ۖ قُلْ هُوَ مِنْ عِندِ أَنفُسِكُمْ ۗ
إِنَّ اللَّهَ عَلَىٰ كُلِّ شَيْءٍ قَدِيرٌ ﴿١٦٥﴾

166. (ਹੇ ਮੁਸਲਮਾਨੋ!) ਤੁਹਾਨੂੰ ਜੋ ਵੀ ਹਾਨੀ ਉਸ ਦਿਨ (ਉਹਦ ਦੇ ਯੁੱਧ ਵਿਚ) ਹੋਈ ਸੀ, ਜਿਸ ਦਿਨ ਦੋ ਧੜਿਆਂ ਵਿਚਕਾਰ ਟੱਕਰ ਹੋਈ ਸੀ, ਉਹ ਸਭ ਕੁੱਝ ਅੱਲਾਹ ਦੇ ਹੁਕਮ ਅਨੁਸਾਰ ਹੀ ਸੀ ਅਤੇ ਇਹ ਇਸ ਲਈ ਸੀ ਕਿ ਅੱਲਾਹ ਪਛਾਣ ਲਵੇ ਕਿ ਕੌਣ ਈਮਾਨ ਵਾਲਾ ਹੈ।

وَمَا أَصَابَكُمْ يَوْمَ الْتَقَى الْجَمْعَانِ فَبِإِذْنِ اللَّهِ
وَلِيَعْلَمَ الْمُؤْمِنِينَ ﴿١٦٦﴾

167. ਅਤੇ ਅੱਲਾਹ ਇਹ ਵੀ ਜਾਣਦਾ ਹੈ ਕਿ ਮੁਨਾਫ਼ਿਕ ਕੌਣ ਹਨ। ਜਦੋਂ ਉਹਨਾਂ (ਮੁਨਾਫ਼ਿਕਾਂ) ਨੂੰ ਕਿਹਾ ਗਿਆ ਕਿ ਆਓ ਅੱਲਾਹ ਦੀ ਰਾਹ ਵਿਚ ਲੜੀਏ ਜਾਂ ਸ਼ਹਿਰ ਦਾ ਬਚਾਉ ਕਰੀਏ ਤਾਂ ਉਹ (ਮੁਨਾਫ਼ਿਕ) ਕਹਿਣ ਲੱਗੇ ਕਿ ਜੇਕਰ ਅਸੀਂ ਜਾਣਦੇ ਹੁੰਦੇ ਕਿ ਅੱਜ ਜੰਗ ਹੋਵੇਗੀ ਤਾਂ ਅਸੀਂ ਤੁਹਾਡੇ ਨਾਲ ਜ਼ਰੂਰ ਜਾਂਦੇ। ਉਸ ਦਿਨ ਉਹ ਈਮਾਨ ਨਾਲੋਂ ਕੁਫ਼ਰ ਦੇ ਵਧੇਰੇ ਨੇੜੇ ਸਨ। ਇਹ

وَلِيَعْلَمَ الَّذِينَ نَافَقُوا ۚ وَقِيلَ لَهُمْ تَعَالَوْا
قَاتِلُوا فِي سَبِيلِ اللَّهِ أَوِ ادْفَعُوا ۖ قَالُوا لَوْ نَعْلَمُ
قِتَالًا لَّاتَّبَعْنَاكُمْ ۗ هُمْ لِلْكُفْرِ يَوْمَئِذٍ أَقْرَبُ
مِنْهُمْ لِلْإِيمَانِ ۚ يَقُولُونَ بِأَفْوَاهِهِم مَّا لَيْسَ
فِي قُلُوبِهِمْ ۗ وَاللَّهُ أَعْلَمُ بِمَا يَكْتُمُونَ ﴿١٦٧﴾

ਸ: ਨੇ ਫ਼ਰਮਾਇਆ ਜਿਹੜਾ ਮੇਰੀ ਪੈਰਵੀ ਕਰਦਾ ਹੈ ਉਹ ਜੰਨਤ ਵਿਚ ਜਾਵੇਗਾ ਅਤੇ ਜਿਹੜਾ ਮੇਰੀ ਨਾ-ਫ਼ਰਮਾਨੀ ਕਰਦਾ ਹੈ ਉਹ ਇਨਕਾਰ ਕਰਦਾ ਹੈ। (ਸਹੀ ਬੁਖ਼ਾਰੀ, ਹਦੀਸ: 7280)

(ਮੁਨਾਫ਼ਿਕ) ਲੋਕ ਆਪਣੇ ਮੂੰਹੋਂ ਉਹ ਗੱਲਾਂ ਆਖਦੇ ਹਨ ਜਿਹੜੀਆਂ ਉਹਨਾਂ ਦੇ ਮਨਾਂ ਵਿਚ ਨਹੀਂ ਹੁੰਦੀਆਂ (ਜਦ ਕਿ) ਅੱਲਾਹ ਉਹ ਸਭ ਜਾਣਦਾ ਹੈ ਜਿਨ੍ਹਾਂ (ਗੱਲਾਂ) ਨੂੰ ਦਿਲਾਂ ਵਿਚ ਲੁਕਾਉਂਦੇ ਹਨ।

الَّذِينَ قَالُوا لِإِخْوَانِهِمْ وَقَعَدُوا لَوْ أَطَاعُونَا مَا قُتِلُوا ۗ قُلْ فَادْرَءُوا عَنْ أَنفُسِكُمُ الْمَوْتَ إِن كُنتُمْ صَادِقِينَ ﴿١٦٨﴾

168. ਇਹ ਉਹ ਲੋਕ ਹਨ ਜੋ ਆਪ ਤਾਂ ਬੈਠੇ ਹੀ ਰਹੇ ਅਤੇ ਆਪਣੇ ਭਰਾਵਾਂ ਬਾਰੇ (ਜਿਹੜੇ ਜੰਗ ਵਿਚ ਗਏ ਸੀ) ਕਹਿਣ ਲੱਗੇ, ਕਿ ਜੇ ਉਹ ਸਾਡਾ ਕਹਿਣਾ ਮੰਨ ਲੈਂਦੇ ਤਾਂ ਮਾਰੇ ਨਾ ਜਾਂਦੇ। (ਹੇ ਨਬੀ!) ਇਹਨਾਂ ਨੂੰ ਆਖ ਦਿਓ ਕਿ ਜੇਕਰ ਤੁਸੀਂ ਸੱਚੇ ਹੋ ਤਾਂ ਆਪਣੀਆਂ ਜਾਨਾਂ ਤੋਂ ਮੌਤ ਨੂੰ ਟਾਲ ਕੇ ਵਿਖਾਓ।

وَلَا تَحْسَبَنَّ الَّذِينَ قُتِلُوا فِي سَبِيلِ اللَّهِ أَمْوَاتًا ۚ بَلْ أَحْيَاءٌ عِندَ رَبِّهِمْ يُرْزَقُونَ ﴿١٦٩﴾

169. ਜਿਹੜੇ ਲੋਕ ਅੱਲਾਹ ਦੀ ਰਾਹ ਵਿਚ ਮਾਰੇ ਜਾਣ, ਉਹਨਾਂ ਨੂੰ ਮੁਰਦਾ ਨਾ ਕਹੋ, ਉਹ ਤਾਂ ਜਿਉਂਦੇ ਹਨ, ਆਪਣੇ ਰੱਬ ਵੱਲੋਂ ਉਹਨਾਂ ਨੂੰ ਰਿਜ਼ਕ ਦਿੱਤਾ ਜਾਂਦਾ ਹੈ।

فَرِحِينَ بِمَا آتَاهُمُ اللَّهُ مِن فَضْلِهِ وَيَسْتَبْشِرُونَ بِالَّذِينَ لَمْ يَلْحَقُوا بِهِم مِّنْ خَلْفِهِمْ أَلَّا خَوْفٌ عَلَيْهِمْ وَلَا هُمْ يَحْزَنُونَ ﴿١٧٠﴾

170. ਅੱਲਾਹ ਨੇ ਆਪਣੇ ਫ਼ਜ਼ਲਾਂ ਨਾਲ ਜੋ ਉਹਨਾਂ ਨੂੰ ਨਵਾਜ਼ਿਆ ਹੈ ਉਸ ਤੇ ਉਹ ਬਹੁਤ ਖ਼ੁਸ਼ ਹਨ ਅਤੇ ਉਹਨਾਂ (ਮੋਮਿਨਾਂ) ਪ੍ਰਤੀ ਵੀ ਖ਼ੁਸ਼ੀਆਂ ਮਨਾ ਰਹੇ ਹਨ, ਜਿਹੜੇ ਅਜੇ ਤੀਕ ਉਹਨਾਂ ਨਾਲ ਨਹੀਂ ਮਿਲੇ। ਅਤੇ ਉਹਨਾਂ ਦੇ ਪਿੱਛੇ (ਅੱਲਾਹ ਦੀ ਰਾਹ ਵਿਚ ਲੜਨ ਲਈ) ਰਹਿ ਗਏ ਹਨ। ਨਾ ਤਾਂ ਉਹਨਾਂ ਨੂੰ (ਮਰਨ ਦਾ) ਕੋਈ ਡਰ ਹੈ ਅਤੇ ਨਾ ਹੀ (ਮਰਨ ਮਗਰੋਂ) ਕਿਸੇ ਤਰ੍ਹਾਂ ਦੀ ਕੋਈ ਚਿੰਤਾ ਹੋਵੇਗੀ।

يَسْتَبْشِرُونَ بِنِعْمَةٍ مِّنَ اللَّهِ وَفَضْلٍ وَأَنَّ اللَّهَ لَا يُضِيعُ أَجْرَ الْمُؤْمِنِينَ ﴿١٧١﴾

171. ਉਹ ਅੱਲਾਹ ਦੇ ਇਨਾਮ ਅਤੇ ਉਸ ਦੇ ਫ਼ਜ਼ਲਾਂ ਤੋਂ ਬਹੁਤ ਖ਼ੁਸ਼ ਹਨ (ਅਤੇ ਇਸ ਗੱਲ 'ਤੇ ਵੀ ਸੰਤੁਸ਼ਟ ਹਨ ਕਿ) ਅੱਲਾਹ ਈਮਾਨ ਵਾਲਿਆਂ ਦੇ ਨੇਕ ਕੰਮਾਂ ਨੂੰ ਅਜਾਈਂ ਨਹੀਂ ਕਰੇਗਾ।

172. ਜਿਹੜੇ ਲੋਕਾਂ ਨੇ ਅੱਲਾਹ ਅਤੇ ਰਸੂਲ ਦੇ ਹੁਕਮਾਂ ਨੂੰ ਪਰਵਾਨ ਕੀਤਾ ਜਦੋਂ ਕਿ ਉਹ ਬੁਰੀ ਤਰ੍ਹਾਂ ਜ਼ਖ਼ਮੀ ਹੋ ਚੁੱਕੇ ਸਨ, ਉਹਨਾਂ ਵਿੱਚੋਂ ਜਿਨ੍ਹਾਂ ਨੇ ਭਲੇ ਕੰਮ ਕੀਤੇ ਅਤੇ ਬੁਰਾਈ ਤੋਂ ਪਰਹੇਜ਼ ਕੀਤਾ ਉਹਨਾਂ ਲਈ ਬੜਾ ਵੱਡਾ ਬਦਲਾ ਹੈ।

الَّذِينَ اسْتَجَابُوا لِلَّهِ وَالرَّسُولِ مِن بَعْدِ مَا أَصَابَهُمُ الْقَرْحُ ۚ لِلَّذِينَ أَحْسَنُوا مِنْهُمْ وَاتَّقَوْا أَجْرٌ عَظِيمٌ ﴿١٧٢﴾

173. ਉਹ ਲੋਕ ਕਿ ਜਦੋਂ ਉਹਨਾਂ ਨੂੰ ਲੋਕਾਂ ਨੇ ਕਿਹਾ ਕਿ (ਕਾਫ਼ਿਰਾਂ ਨੇ ਤਾਂ) ਤੁਹਾਡੇ ਵਿਰੁੱਧ ਇਕ ਵੱਡੀ ਫ਼ੌਜ ਇਕੱਤਰ ਕੀਤੀ ਹੋਈ ਹੈ, ਤੁਸੀਂ ਉਹਨਾਂ (ਨਾਲ ਲੜਾਈ ਕਰਨ) ਤੋਂ ਡਰੋ, ਪ੍ਰੰਤੂ ਇਸ ਗੱਲ ਨੇ ਉਹਨਾਂ ਦੇ ਈਮਾਨ ਵਿਚ ਹੋਰ ਵਾਧਾ ਕਰ ਦਿੱਤਾ ਅਤੇ ਆਖਣ ਲੱਗੇ "ਹਸਬੁਨੱਲਾਹੁ ਵ ਨਿਅਮਲ ਵਕੀਲ"[1] ਭਾਵ ਸਾਡੇ ਲਈ ਤਾਂ ਅੱਲਾਹ ਹੀ ਬਥੇਰਾ ਹੈ, ਉਹੀਓ ਸਾਰੇ ਕੰਮ ਸੰਵਾਰਣ ਵਾਲਾ ਹੈ।

الَّذِينَ قَالَ لَهُمُ النَّاسُ إِنَّ النَّاسَ قَدْ جَمَعُوا لَكُمْ فَاخْشَوْهُمْ فَزَادَهُمْ إِيمَانًا وَقَالُوا حَسْبُنَا اللَّهُ وَنِعْمَ الْوَكِيلُ ﴿١٧٣﴾

174. ਅਤੇ ਉਹ ਅੱਲਾਹ ਦੇ ਇਨਾਮ ਅਤੇ ਉਸ ਦੀਆਂ ਮਿਹਰਾਂ ਸਦਕਾ ਉਹ (ਜੰਗ ਵਿੱਚੋਂ) ਘਰ ਪਰਤ ਆਏ ਉਹਨਾਂ ਨੂੰ ਕੋਈ ਨੁਕਸਾਨ ਨਹੀਂ ਹੋਇਆ ਉਹਨਾਂ ਨੇ ਅੱਲਾਹ ਦੀ ਮਰਜ਼ੀ ਦੀ ਪਾਲਣਾ ਕੀਤੀ, ਅੱਲਾਹ ਡਾਢਾ ਫ਼ਜ਼ਲ ਫ਼ਰਮਾਉਣ ਵਾਲਾ ਹੈ।

فَانقَلَبُوا بِنِعْمَةٍ مِّنَ اللَّهِ وَفَضْلٍ لَّمْ يَمْسَسْهُمْ سُوءٌ وَاتَّبَعُوا رِضْوَانَ اللَّهِ ۗ وَاللَّهُ ذُو فَضْلٍ عَظِيمٍ ﴿١٧٤﴾

175. ਇਹ ਤਾਂ ਸ਼ੈਤਾਨ ਹੀ ਹੈ ਜਿਹੜਾ ਆਪਣੇ ਸਾਥੀਆਂ (ਕਾਫ਼ਿਰਾਂ) ਤੋਂ (ਮੋਮਿਨਾਂ) ਨੂੰ ਡਰਾਉਂਦਾ ਹੈ। (ਹੇ ਮੁਸਲਮਾਨੋ!) ਸੋ ਤੁਸੀਂ ਉਹਨਾਂ ਕਾਫ਼ਿਰਾਂ ਤੋਂ ਨਾ ਡਰੋ (ਸਗੋਂ) ਮੈਥੋਂ ਡਰੋ ਜੇ ਤੁਸੀਂ (ਸੱਚੇ) ਮੋਮਿਨ ਹੋ।

إِنَّمَا ذَٰلِكُمُ الشَّيْطَانُ يُخَوِّفُ أَوْلِيَاءَهُ فَلَا تَخَافُوهُمْ وَخَافُونِ إِن كُنتُم مُّؤْمِنِينَ ﴿١٧٥﴾

---

[1] ਹਜ਼ਰਤ ਇਬਨੇ ਅੱਬਾਸ ਦਾ ਕਹਿਣਾ ਹੈ ਕਿ "ਹਸਬੁਨੱਲਾਹੋ ਵਾ ਨਿਅਮਲ ਵਕੀਲ" ਹਜ਼ਰਤ ਇਬਰਾਹੀਮ ਨੇ ਉਸ ਵੇਲੇ ਕਿਹਾ ਸੀ ਜਦੋਂ ਉਹਨਾਂ ਨੂੰ ਅੱਗ ਵਿਚ ਸੁੱਟਿਆ ਗਿਆ ਸੀ ਅਤੇ ਹਜ਼ਰਤ ਮੁਹੰਮਦ ਸ: ਨੇ ਇਹੋ ਬੋਲ ਬੋਲੇ ਸੀ ਜਦੋਂ ਲੋਕਾਂ ਨੂੰ ਉਹਨਾਂ ਨੂੰ ਆਖਿਆ ਸੀ ਕੁਰੈਸ਼ ਦੇ ਕਾਫ਼ਰਾਂ ਨੇ ਤੁਹਾਡੇ ਨਾਲ ਲੜਨ ਲਈ ਇਕ ਫ਼ੌਜ ਜਮਾਂ ਕੀਤੀ ਹੈ ਤੁਸੀਂ ਉਸ ਤੋਂ ਡਰੋ ਇਹ ਸੁਣ ਕੇ ਸਹਾਬਾ ਦਾ ਈਮਾਨ ਹੋਰ ਵੀ ਵੱਧ ਗਿਆ ਅਤੇ ਉਹਨਾਂ ਨੇ ਕਿਹਾ ਹਸਬੁਨਲਾਹ ਵਾ ਨਿਅਮਲ ਵਕੀਲ ਭਾਵ ਕਿ ਸਾਡੇ ਲਈ ਅੱਲਾਹ ਹੀ ਬਥੇਰਾ ਹੈ ਅਤੇ ਉਹ ਸਭ ਤੋਂ ਵਧੀਆ ਕੰਮ ਸੰਵਾਰਨ ਵਾਲਾ ਹੈ। (ਸਹੀ ਬੁਖ਼ਾਰੀ, ਹਦੀਸ: 4563)

176. (ਹੇ ਮੁਹੰਮਦ!) ਜਿਹੜੇ ਲੋਕ ਕੁਫ਼ਰ ਵਿਚ ਅੱਗੇ ਵੱਧ ਰਹੇ ਹਨ ਉਹਨਾਂ ਦੀਆਂ ਸਰਗਰਮੀਆਂ ਤੁਹਾਨੂੰ ਚਿੰਤਾ ਵਿਚ ਨਾ ਪਾ ਦੇਣ, ਇਹ ਅੱਲਾਹ ਦਾ ਕੁੱਝ ਵੀ ਵਿਗਾੜ ਨਹੀਂ ਸਕਦੇ ਅੱਲਾਹ ਦਾ ਇਰਾਦਾ ਇਹ ਹੈ ਕਿ ਉਹਨਾਂ (ਕਾਫ਼ਿਰਾਂ) ਲਈ ਆਖ਼ਿਰਤ ਵਿਚ ਕੋਈ ਹਿੱਸਾ ਨਾ ਰੱਖੇ, ਉਹਨਾਂ ਲਈ ਤਾਂ (ਨਰਕ ਦਾ) ਕਰੜਾ ਅਜ਼ਾਬ ਹੈ।

وَلَا يَحْزُنْكَ الَّذِيْنَ يُسَارِعُوْنَ فِي الْكُفْرِ ۚ إِنَّهُمْ لَنْ يَّضُرُّوا اللّٰهَ شَيْـًٔا ۗ يُرِيْدُ اللّٰهُ أَلَّا يَجْعَلَ لَهُمْ حَظًّا فِي الْاٰخِرَةِ ۚ وَلَهُمْ عَذَابٌ عَظِيْمٌ ﴿١٧٦﴾

177. ਕੁਫ਼ਰ ਨੂੰ ਈਮਾਨ ਦੇ ਬਦਲੇ ਖ਼ਰੀਦਣ ਵਾਲੇ ਕਦੇ ਵੀ ਅੱਲਾਹ ਦਾ ਕੁੱਝ ਵੀ ਨਹੀਂ ਵਿਗਾੜ ਸਕਦੇ ਅਤੇ ਉਹਨਾਂ ਲਈ ਦੁਖਦਾਈ ਅਜ਼ਾਬ ਹੈ।

إِنَّ الَّذِيْنَ اشْتَرَوُا الْكُفْرَ بِالْإِيْمَانِ لَنْ يَّضُرُّوا اللّٰهَ شَيْـًٔا ۚ وَلَهُمْ عَذَابٌ أَلِيْمٌ ﴿١٧٧﴾

178. ਕਾਫ਼ਿਰ ਲੋਕ ਸਾਡੇ (ਅੱਲਾਹ) ਵੱਲੋਂ (ਸੰਸਾਰ ਵਿਚ) ਦਿੱਤੀ ਹੋਈ ਢਿੱਲ ਨੂੰ ਆਪਣੇ ਹੱਕ ਵਿਚ ਚੰਗਾ ਨਾ ਸਮਝਣ। ਇਹ ਢਿੱਲ ਤਾਂ ਅਸੀਂ ਇਸ ਲਈ ਦਿੱਤੀ ਹੈ ਕਿ ਉਹ ਆਪਣੇ ਪਾਪਾਂ ਵਿਚ ਹੋਰ ਵਾਧਾ ਕਰ ਲੈਣ। ਇਹਨਾਂ (ਕਾਫ਼ਿਰਾਂ) ਲਈ ਹੀ ਜ਼ਲੀਲ ਕਰਨ ਵਾਲਾ ਅਜ਼ਾਬ ਹੈ।

وَلَا يَحْسَبَنَّ الَّذِيْنَ كَفَرُوْا أَنَّمَا نُمْلِيْ لَهُمْ خَيْرٌ لِّأَنْفُسِهِمْ ۚ إِنَّمَا نُمْلِيْ لَهُمْ لِيَزْدَادُوْا إِثْمًا ۚ وَلَهُمْ عَذَابٌ مُّهِيْنٌ ﴿١٧٨﴾

179. (ਹੇ ਮੋਮਿਨੋ) ਜਿਸ ਹਾਲ ਵਿਚ ਅੱਜ ਤੁਸੀਂ ਹੋ ਅੱਲਾਹ ਈਮਾਨ ਵਾਲਿਆਂ ਨੂੰ ਇਸ ਹਾਲ ਵਿਚ ਕਦੇ ਵੀ ਨਹੀਂ ਰਹਿਣ ਦੇਵੇਗਾ, ਜਦੋਂ ਤਕ ਕਿ ਉਹ ਪਵਿੱਤਰ ਲੋਕਾਂ ਨੂੰ ਅਪਵਿੱਤਰ ਲੋਕਾਂ ਤੋਂ ਵੱਖਰਾ ਨਾ ਕਰ ਦੇਵੇ ਅਤੇ ਨਾ ਹੀ ਅੱਲਾਹ ਦਾ ਇਹ ਤਰੀਕਾ ਹੈ ਕਿ ਤੁਹਾਨੂੰ ਪਰੋਖ ਤੋਂ ਜਾਣੂ ਕਰਾਵੇ, ਪਰ ਅੱਲਾਹ ਆਪਣੇ ਰਸੂਲਾਂ ਵਿੱਚੋਂ ਜਿਸ ਨੂੰ ਚਾਹੁੰਦਾ ਹੈ (ਗ਼ੈਬ ਦੀ ਜਾਣਕਾਰੀ ਦੇਣ ਲਈ) ਚੁਣ ਲੈਂਦਾ ਹੈ। ਇਸ ਲਈ ਤੁਸੀਂ ਅੱਲਾਹ ਅਤੇ ਉਸ ਦੇ ਰਸੂਲਾਂ ਉੱਤੇ ਈਮਾਨ ਰੱਖੋ ਜੇਕਰ ਤੁਸੀਂ (ਸੱਚੇ) ਈਮਾਨ ਵਾਲੇ ਹੋ। ਅੱਲਾਹ ਤੋਂ ਡਰੋ ਫੇਰ ਤੁਹਾਨੂੰ ਬਹੁਤ ਵੱਡਾ ਬਦਲਾ ਮਿਲੇਗਾ।

مَا كَانَ اللّٰهُ لِيَذَرَ الْمُؤْمِنِيْنَ عَلٰى مَا أَنْتُمْ عَلَيْهِ حَتّٰى يَمِيْزَ الْخَبِيْثَ مِنَ الطَّيِّبِ ۗ وَمَا كَانَ اللّٰهُ لِيُطْلِعَكُمْ عَلَى الْغَيْبِ وَلٰكِنَّ اللّٰهَ يَجْتَبِيْ مِنْ رُّسُلِهٖ مَنْ يَّشَاءُ ۖ فَاٰمِنُوْا بِاللّٰهِ وَرُسُلِهٖ ۚ وَإِنْ تُؤْمِنُوْا وَتَتَّقُوْا فَلَكُمْ أَجْرٌ عَظِيْمٌ ﴿١٧٩﴾

180. ਜਿਨ੍ਹਾਂ ਲੋਕਾਂ ਨੂੰ ਅੱਲਾਹ ਨੇ ਆਪਣੇ ਫ਼ਜ਼ਲਾਂ ਨਾਲ ਨਵਾਜ਼ਿਆ ਹੋਇਆ ਹੈ ਫੇਰ ਉਹ ਇਸ ਵਿਚ ਕੰਜੂਸੀ ਕਰਦੇ ਹਨ ਉਹ ਆਪਣੀ ਇਸ ਕੰਜੂਸੀ ਨੂੰ ਆਪਣੇ ਲਈ ਵਧੀਆ ਨਾ ਸਮਝਣ ਸਗੋਂ ਇਹ (ਕੰਜੂਸੀ) ਉਹਨਾਂ ਲਈ ਬਹੁਤ ਹੀ ਭੈੜੀ ਸਿੱਧ ਹੋਵੇਗੀ। ਛੇਤੀ ਹੀ ਕਿਆਮਤ ਵਾਲੇ ਦਿਨ ਇਹ (ਕੰਜੂਸੀ ਨਾਲ ਇਕੱਠੀ ਕੀਤੀ ਹੋਈ ਮਾਇਆ) ਉਹਨਾਂ ਦੇ ਗਲ ਦਾ ਤੌਕ (ਹਾਰ) ਬਣ ਜਾਵੇਗੀ।[1] ਅਕਾਸ਼ ਤੇ ਧਰਤੀ (ਦੀ ਹਰ ਚੀਜ਼) ਦਾ ਵਾਰਸ ਅੱਲਾਹ ਹੀ ਹੈ ਅਤੇ ਜੋ ਕੁੱਝ ਤੁਸੀਂ ਕਰ ਰਹੇ ਹੋ ਉਸ ਤੋਂ ਅੱਲਾਹ (ਭਲੀ ਭਾਂਤ) ਜਾਣੂ ਹੈ।

وَلَا يَحْسَبَنَّ الَّذِينَ يَبْخَلُونَ بِمَا آتَاهُمُ اللَّهُ مِنْ فَضْلِهِ هُوَ خَيْرًا لَهُمْ ۖ بَلْ هُوَ شَرٌّ لَهُمْ ۖ سَيُطَوَّقُونَ مَا بَخِلُوا بِهِ يَوْمَ الْقِيَامَةِ ۗ وَلِلَّهِ مِيرَاثُ السَّمَاوَاتِ وَالْأَرْضِ ۗ وَاللَّهُ بِمَا تَعْمَلُونَ خَبِيرٌ ﴿١٨٠﴾

181. ਅੱਲਾਹ ਨੇ ਉਹਨਾਂ ਲੋਕਾਂ ਦਾ ਕਥਨ ਵੀ ਸੁਣਿਆ ਹੈ ਜੋ ਆਖਦੇ ਹਨ ਕਿ ਅੱਲਾਹ ਤਾਂ ਫ਼ਕੀਰ ਹੈ ਅਤੇ ਅਸੀਂ ਧਨਵਾਨ ਹਾਂ। ਉਹਨਾਂ ਦੇ ਇਸ ਕਥਨ ਨੂੰ ਅਸੀਂ ਲਿਖ ਛੱਡਾਂਗੇ ਅਤੇ ਉਹ ਵੀ (ਲਿਖਿਆ ਹੋਇਆ ਹੈ) ਜੋ ਉਹ ਨਬੀਆਂ ਨੂੰ ਨਾ-ਹੱਕਾ ਕਤਲ ਕਰਦੇ ਰਹੇ ਹਨ। ਅਸੀਂ (ਅੱਲਾਹ) ਇਹਨਾਂ (ਕਾਫ਼ਿਰਾਂ) ਨੂੰ ਆਖਾਂਗੇ ਕਿ ਹੁਣ ਸਾੜਣ ਵਾਲੇ ਅਜ਼ਾਬ (ਨਰਕ ਦੀ ਅੱਗ) ਦਾ ਸਵਾਦ ਚੱਖੋ।

لَقَدْ سَمِعَ اللَّهُ قَوْلَ الَّذِينَ قَالُوا إِنَّ اللَّهَ فَقِيرٌ وَنَحْنُ أَغْنِيَاءُ ۘ سَنَكْتُبُ مَا قَالُوا وَقَتْلَهُمُ الْأَنْبِيَاءَ بِغَيْرِ حَقٍّ وَنَقُولُ ذُوقُوا عَذَابَ الْحَرِيقِ ﴿١٨١﴾

182. ਅਤੇ (ਉਹਨਾਂ ਨੂੰ ਕਿਹਾ ਜਾਵੇਗਾ) ਕਿ ਇਹ ਸਭ ਤੁਹਾਡੇ ਹੱਥਾਂ ਦੀ ਕਮਾਈ ਦਾ ਬਦਲਾ ਹੈ। ਅੱਲਾਹ ਆਪਣੇ ਬੰਦਿਆਂ ਉੱਤੇ ਕੋਈ ਵੀ ਜ਼ੁਲਮ ਨਹੀਂ ਕਰਦਾ।

ذَٰلِكَ بِمَا قَدَّمَتْ أَيْدِيكُمْ وَأَنَّ اللَّهَ لَيْسَ بِظَلَّامٍ لِلْعَبِيدِ ﴿١٨٢﴾

---

[1] ਇਸ ਆਇਤ ਵਿਚ ਜ਼ਕਾਤ ਨਾ ਦੇਣ ਵਾਲਿਆਂ ਲਈ ਸਖ਼ਤ ਚਿਤਾਵਨੀ ਹੈ। ਹਦੀਸ ਅਨੁਸਾਰ ਜਿਸ ਵਿਅਕਤੀ ਨੂੰ ਅੱਲਾਹ ਦੌਲਤ ਬਖ਼ਸ਼ੇ ਅਤੇ ਉਹ ਜ਼ਕਾਤ ਅਦਾ ਨਾ ਕਰੇ ਤਾਂ ਕਿਆਮਤ ਦਿਹਾੜੇ ਉਸ ਦੀ ਦੌਲਤ ਇਕ ਗੰਜੇ ਸੱਪ ਜਿਸ ਦੀਆਂ ਅੱਖਾਂ 'ਤੇ ਦੋ ਕਾਲੇ ਨਿਸ਼ਾਨ ਹੋਣਗੇ ਦੀ ਸ਼ਕਲ ਬਣ ਕੇ ਉਸ ਦੇ ਗਲ ਦਾ ਹਾਰ ਬਣ ਜਾਵੇਗੀ ਅਤੇ ਉਸ ਦੀਆਂ ਦੋਵੇਂ ਬਾਛਾਂ ਫੜ ਕੇ ਆਖੇਗਾ ਕਿ ਮੈਨੂੰ ਪੁੱਛਦਾ ਨਹੀਂ ਮੈਂ ਤੇਰੀ ਦੌਲਤ ਹਾਂ ਮੈਂ ਤੇਰਾ ਖ਼ਜ਼ਾਨਾ ਹਾਂ, ਫੇਰ ਆਪ ਨੇ ਇਹੋ ਆਇਤ ਪੜ੍ਹੀ। (ਸਹੀ ਬੁਖ਼ਾਰੀ, ਹਦੀਸ 4565)

183. ਇਹ ਉਹ ਲੋਕ ਹਨ ਜਿਹੜੇ ਕਹਿੰਦੇ ਹਨ ਕਿ ਅੱਲਾਹ ਵੱਲੋਂ ਸਾਨੂੰ ਹੁਕਮ ਹੋਇਆ ਹੈ ਕਿ ਤੁਸੀਂ ਕਿਸੇ ਰਸੂਲ ਨੂੰ ਉਦੋਂ ਤਕ ਨਾ ਮੰਨੋ ਜਦੋਂ ਤਕ ਕਿ ਉਹ (ਰਸੂਲ) ਸਾਡੇ ਸਾਹਮਣੇ ਅਜਿਹੀ ਕੁਰਬਾਨੀ ਨਾ ਕਰੇ ਜਿਸ ਨੂੰ ਗੈਬੋਂ ਆ ਕੇ ਅੱਗ ਖਾ ਜਾਵੇ। (ਹੇ ਨਬੀ!) ਤੁਸੀਂ ਆਖ ਦਿਓ ਕਿ (ਹੇ ਕਾਫ਼ਿਰੋ!) ਜੇ ਤੁਸੀਂ ਸੱਚੇ ਹੋ ਤਾਂ ਮੈਥੋਂ ਪਹਿਲਾਂ ਤੁਹਾਡੇ ਕੋਲ ਜਿਹੜੇ ਵੀ ਰਸੂਲ ਆਏ ਜਿਹੜੇ ਹੋਰ ਬਹੁਤ ਸਾਰੇ ਸਪਸ਼ਟ ਮੋਅਜਜ਼ਿਆਂ (ਚਮਤਕਾਰਾਂ) ਨਾਲ ਇਹ (ਨਿਸ਼ਾਨੀ) ਵੀ ਲਿਆਏ ਸਨ ਜੋ ਤੁਸੀਂ ਕਹਿ ਰਹੇ ਹੋ, ਫੇਰ ਤੁਸੀਂ ਉਹਨਾਂ (ਰਸੂਲਾਂ) ਨੂੰ ਕਿਉਂ ਕਤਲ ਕੀਤਾ ਸੀ? (ਜਵਾਬ ਦਿਓ) ਜੇ ਤੁਸੀਂ ਸੱਚੇ ਹੋ?

الَّذِينَ قَالُوا إِنَّ اللَّهَ عَهِدَ إِلَيْنَا أَلَّا نُؤْمِنَ لِرَسُولٍ حَتَّىٰ يَأْتِيَنَا بِقُرْبَانٍ تَأْكُلُهُ النَّارُ ۗ قُلْ قَدْ جَاءَكُمْ رُسُلٌ مِنْ قَبْلِي بِالْبَيِّنَاتِ وَبِالَّذِي قُلْتُمْ فَلِمَ قَتَلْتُمُوهُمْ إِنْ كُنْتُمْ صَادِقِينَ ﴿١٨٣﴾

184 (ਹੇ ਮੁਹੰਮਦ!) ਜੇ ਇਹ ਲੋਕ ਤੁਹਾਨੂੰ ਨਹੀਂ ਮੰਨਦੇ (ਤਾਂ ਕੀ ਹੋਇਆ) ਤੁਹਾਥੋਂ ਪਹਿਲਾਂ ਵੀ ਬਹੁਤ ਸਾਰੇ ਉਹਨਾਂ ਰਸੂਲਾਂ ਨੂੰ ਝੁਠਲਾ ਚੁੱਕੇ ਹਨ ਜਿਹੜੇ ਸਪਸ਼ਟ ਨਿਸ਼ਾਨੀਆਂ, ਸਹੀਫ਼ੇ (ਛੋਟੀਆਂ ਛੋਟੀਆਂ ਪੋਥੀਆਂ) ਅਤੇ ਚਾਨਣ ਫੈਲਾਉਣ ਵਾਲੀਆਂ ਕਿਤਾਬਾਂ ਲੈ ਕੇ ਆਏ ਸਨ।

فَإِنْ كَذَّبُوكَ فَقَدْ كُذِّبَ رُسُلٌ مِنْ قَبْلِكَ جَاءُوا بِالْبَيِّنَاتِ وَالزُّبُرِ وَالْكِتَابِ الْمُنِيرِ ﴿١٨٤﴾

185. (ਹੇ ਲੋਕੋ!) ਅੰਤ ਨੂੰ ਹਰ ਜੀਵ ਨੇ ਮੌਤ ਦਾ ਸੁਆਦ ਚਖਣਾ ਹੈ (ਭਾਵ ਮਰ ਜਾਣਾ ਹੈ) ਕਿਆਮਤ ਵਾਲੇ ਦਿਨ ਤੁਹਾਨੂੰ (ਆਪਣੇ ਕੀਤੇ ਕੰਮਾਂ ਦਾ) ਪੂਰਾ ਪੂਰਾ ਬਦਲਾ ਦਿੱਤਾ ਜਾਵੇਗਾ। ਹਾਂ। ਜਿਹੜੇ ਵਿਅਕਤੀ ਨੂੰ ਅੱਗ ਤੋਂ ਬਚਾ ਲਿਆ ਜਾਵੇ ਅਤੇ ਸਵਰਗ ਵਿਚ ਦਾਖ਼ਲ ਕਰ ਦਿੱਤਾ ਜਾਵੇ ਉਹੀਓ ਵਿਅਕਤੀ ਅਸਲ ਵਿਚ ਕਾਮਯਾਬ ਹੋਵੇਗਾ। ਸੰਸਾਰਿਕ ਜੀਵਨ ਤਾਂ ਕੇਵਲ ਇਕ ਭੁਲੇਖਾ ਹੀ ਹੈ (ਅਸਲ ਜੀਵਨ ਪਰਲੋਕ ਦਾ ਜੀਵਨ ਹੈ)।

كُلُّ نَفْسٍ ذَائِقَةُ الْمَوْتِ ۗ وَإِنَّمَا تُوَفَّوْنَ أُجُورَكُمْ يَوْمَ الْقِيَامَةِ ۖ فَمَنْ زُحْزِحَ عَنِ النَّارِ وَأُدْخِلَ الْجَنَّةَ فَقَدْ فَازَ ۗ وَمَا الْحَيَاةُ الدُّنْيَا إِلَّا مَتَاعُ الْغُرُورِ ﴿١٨٥﴾

186. (ਹੇ ਮੁਸਲਮਾਨੋ!) ਤੁਹਾਡੇ ਮਾਲ ਅਤੇ ਤੁਹਾਡੀਆਂ ਜਾਨਾਂ ਰਾਹੀਂ ਤੁਹਾਨੂੰ ਅਵੱਸ਼ ਅਜ਼ਮਾਇਆ ਜਾਵੇਗਾ। ਤੁਸੀਂ ਉਹਨਾਂ ਲੋਕਾਂ ਤੋਂ ਜਿਨ੍ਹਾਂ ਨੂੰ ਤੁਹਾਥੋਂ ਪਹਿਲਾਂ ਕਿਤਾਬ ਦਿੱਤੀ ਗਈ ਅਤੇ ਉਹਨਾਂ ਲੋਕਾਂ ਤੋਂ, ਜਿਹੜੇ ਮੁਸ਼ਰਿਕ ਹਨ, ਜ਼ਰੂਰ ਹੀ ਦੁਖਦਾਈ ਗੱਲਾਂ ਸੁਣੋਗੇ, ਜੇ ਤੁਸੀਂ ਸਬਰ ਕਰੋ ਤੇ ਪਰਹੇਜ਼ਗਾਰੀ ਵਾਲਾ ਤਰੀਕਾ ਅਪਣਾਓਗੇ ਤਾਂ ਇਹ ਬਹੁਤ ਵੱਡੀ ਹਿੰਮਤ ਦਾ ਕੰਮ ਹੈ।

لَتُبْلَوُنَّ فِيٓ أَمْوَالِكُمْ وَأَنفُسِكُمْ وَلَتَسْمَعُنَّ مِنَ
الَّذِينَ أُوتُوا الْكِتَابَ مِن قَبْلِكُمْ وَمِنَ الَّذِينَ
أَشْرَكُوٓا أَذًى كَثِيرًا ۚ وَإِن تَصْبِرُوا وَتَتَّقُوا فَإِنَّ
ذَٰلِكَ مِنْ عَزْمِ الْأُمُورِ ﴿١٨٦﴾

187. ਜਦੋਂ ਅੱਲਾਹ ਨੇ ਅਹਲੇ ਕਿਤਾਬ (ਯਹੂਦੀ ਤੇ ਈਸਾਈਆਂ) ਤੋਂ ਇਹ ਵਚਨ ਲਿਆ ਸੀ ਕਿ ਤੁਸੀਂ ਉਹਨਾਂ (ਕਿਤਾਬਾਂ ਦੇ ਹੁਕਮਾਂ) ਨੂੰ ਸਾਰੇ ਲੋਕਾਂ ਦੇ ਸਾਹਮਣੇ ਲਾਜ਼ਮੀ [illegible]ਨ ਕਰੋਗੇ ਅਤੇ ਇਸ ਦੇ (ਹੁਕਮਾਂ ਨੂੰ) ਲੁਕਾ ਕੇ ਨਹੀਂ ਰੱਖੋਗੇ ਪਰ ਉਹਨਾਂ ਨੇ ਇਸ ਬਚਨ ਨੂੰ ਪਿੱਠ ਪਿੱਛੇ ਸੁੱਟ ਛੱਡਿਆ ਅਤੇ ਇਸ (ਕਿਤਾਬ[illegible] ਬਹੁਤ ਹੀ ਥੋੜ੍ਹੇ ਮੁੱਲ 'ਤੇ (ਭਾਵ ਸੰਸਾਰਿਕ ਲਾਭ ਲਈ) ਵੇਚ ਸੁੱਟਿਆ ਹੈ, ਇਹਨਾਂ ਦਾ ਇਹ ਵਪਾਰ ਕਿੰਨਾ ਭੈੜਾ ਘਾਟੇ ਵਾਲਾ ਹੈ।

وَإِذْ أَخَذَ اللَّهُ مِيثَاقَ الَّذِينَ أُوتُوا الْكِتَابَ
لَتُبَيِّنُنَّهُ لِلنَّاسِ وَلَا تَكْتُمُونَهُ فَنَبَذُوهُ
وَرَاءَ ظُهُورِهِمْ وَاشْتَرَوْا بِهِ ثَمَنًا قَلِيلًا ۖ
فَبِئْسَ مَا يَشْتَرُونَ ﴿١٨٧﴾

188. ਇਹ ਲੋਕ ਆਪਣੀਆਂ ਕਰਤੂਤਾਂ 'ਤੇ ਬਹੁਤ ਖ਼ੁਸ਼ ਹਨ ਅਤੇ ਚਾਹੁੰਦੇ ਹਨ ਕਿ ਜਿਹੜੇ ਕੰਮ ਉਹਨਾਂ ਨੇ ਕੀਤੇ ਵੀ ਨਹੀਂ ਉਹਨਾਂ ਦੀ ਵੀ ਪ੍ਰਸ਼ੰਸਾ ਕੀਤੀ ਜਾਵੇ। ਤੁਸੀਂ ਉਹਨਾਂ ਲੋਕਾਂ ਨੂੰ (ਨਰਕ ਦੇ) ਅਜ਼ਾਬ ਤੋਂ ਸੁਰੱਖਿਅਤ ਨਾ ਸਮਝੋ ਉਹਨਾਂ ਲਈ ਤਾਂ ਬੜੀ ਹੀ ਦਰਦਨਾਕ ਸਜ਼ਾ ਹੈ।

لَا تَحْسَبَنَّ الَّذِينَ يَفْرَحُونَ بِمَا أَتَوا وَّيُحِبُّونَ
أَن يُحْمَدُوا بِمَا لَمْ يَفْعَلُوا فَلَا تَحْسَبَنَّهُم بِمَفَازَةٍ
مِّنَ الْعَذَابِ ۖ وَلَهُمْ عَذَابٌ أَلِيمٌ ﴿١٨٨﴾

189. ਅਕਾਸ਼ ਤੇ ਧਰਤੀ ਦੀ ਬਾਦਸ਼ਾਹਤ ਅੱਲਾਹ ਲਈ ਹੈ ਅਤੇ ਹਰ ਚੀਜ਼ ਅੱਲਾਹ ਦੇ ਵੱਸ ਵਿਚ ਹੈ।

وَلِلَّهِ مُلْكُ السَّمَاوَاتِ وَالْأَرْضِ ۗ وَاللَّهُ عَلَىٰ
كُلِّ شَيْءٍ قَدِيرٌ ﴿١٨٩﴾

190. ਅਕਾਸ਼ ਤੇ ਧਰਤੀ ਨੂੰ ਪੈਦਾ ਕਰਨ ਵਿਚ ਅਤੇ ਰਾਤ ਤੇ ਦਿਨ ਦੇ ਆਉਣ ਜਾਣ ਵਿਚ ਅਕਲਮੰਦ

إِنَّ فِي خَلْقِ السَّمَاوَاتِ وَالْأَرْضِ وَاخْتِلَافِ
اللَّيْلِ وَالنَّهَارِ لَآيَاتٍ لِّأُولِي الْأَلْبَابِ ﴿١٩٠﴾

ਲੋਕਾਂ ਲਈ (ਅੱਲਾਹ ਨੂੰ ਸਿਮਰਣ ਲਈ) ਬਥੇਰੀਆਂ ਨਿਸ਼ਾਨੀਆਂ ਹਨ।

الَّذِينَ يَذْكُرُونَ اللَّهَ قِيَامًا وَقُعُودًا وَعَلَىٰ جُنُوبِهِمْ وَيَتَفَكَّرُونَ فِي خَلْقِ السَّمَاوَاتِ وَالْأَرْضِ رَبَّنَا مَا خَلَقْتَ هَٰذَا بَاطِلًا سُبْحَانَكَ فَقِنَا عَذَابَ النَّارِ ﴿١٩١﴾

191. ਜਿਹੜੇ (ਨੇਕ ਲੋਕ) ਖੜੇ, ਬੈਠੇ ਅਤੇ ਲੇਟਦੇ ਹੋਏ (ਭਾਵ ਹਰ ਹਾਲ ਵਿਚ) ਅੱਲਾਹ ਨੂੰ ਯਾਦ ਰੱਖਦੇ ਹਨ ਅਤੇ ਅਕਾਸ਼ ਤੇ ਧਰਤੀ ਦੀ ਬਣਤਰ 'ਤੇ ਵਿਚਾਰ ਕਰਦੇ ਹਨ ਅਤੇ ਆਖਦੇ ਹਨ ਕਿ ਹੇ ਸਾਡੇ ਪਾਲਣਹਾਰ ਤੂੰ ਇਹ ਸਭ ਕੁੱਝ ਵਿਅਰਥ ਨਹੀਂ ਬਣਾਇਆ, ਤੂੰ ਪਾਕ ਹੈਂ, ਬਸ ਤੂੰ ਸਾਨੂੰ ਨਰਕ ਦੀ ਅੱਗ ਦੇ ਅਜ਼ਾਬ ਤੋਂ ਬਚਾ ਲੈ।

رَبَّنَا إِنَّكَ مَنْ تُدْخِلِ النَّارَ فَقَدْ أَخْزَيْتَهُ ۖ وَمَا لِلظَّالِمِينَ مِنْ أَنْصَارٍ ﴿١٩٢﴾

192 ਹੇ ਸਾਡੇ ਪਾਲਣਹਾਰ! ਤੂੰ ਜਿਸ ਨੂੰ ਵੀ ਨਰਕ ਵਿਚ ਸੁੱਟਿਆ, ਹਕੀਕਤ ਵਿਚ ਉਸ ਨੂੰ ਤੂੰ ਜ਼ਲੀਲ ਕੀਤਾ ਹੈ ਅਤੇ (ਆਖ਼ਿਰਤ ਵਿਚ) ਜ਼ਾਲਮਾਂ ਦਾ ਕੋਈ ਵੀ ਸਹਾਈ ਨਹੀਂ ਹੋਵੇਗਾ।

رَبَّنَا إِنَّنَا سَمِعْنَا مُنَادِيًا يُنَادِي لِلْإِيمَانِ أَنْ آمِنُوا بِرَبِّكُمْ فَآمَنَّا ۚ رَبَّنَا فَاغْفِرْ لَنَا ذُنُوبَنَا وَكَفِّرْ عَنَّا سَيِّئَاتِنَا وَتَوَفَّنَا مَعَ الْأَبْرَارِ ﴿١٩٣﴾

193 ਹੇ ਸਾਡੇ ਪਾਲਣਹਾਰ! ਬੇਸ਼ੱਕ ਅਸੀਂ ਸੁਣਿਆ ਕਿ ਮੁਨਾਦੀ ਕਰਨ ਵਾਲਾ ਉੱਚੀ ਅਵਾਜ਼ ਨਾਲ (ਲੋਕਾਂ ਨੂੰ) ਈਮਾਨ ਵੱਲ ਸੱਦ ਰਿਹਾ ਹੈ ਕਿ ਹੇ ਲੋਕੋ! ਆਪਣੇ ਰੱਬ 'ਤੇ ਈਮਾਨ ਲੈ ਆਓ। ਸੋ ਅਸੀਂ ਉਸ ਦੀ ਗੱਲ ਮੰਨਦੇ ਹੋਏ) ਈਮਾਨ ਲੈ ਆਏ। ਹੇ ਰੱਬਾ! ਹੁਣ ਤੂੰ ਸਾਡੇ ਗੁਨਾਹਾਂ ਨੂੰ ਮੁਆਫ਼ ਕਰ ਦੇ ਅਤੇ ਸਾਡੀਆਂ ਬੁਰਾਈਆਂ ਨੂੰ ਸਾਥੋਂ ਦੂਰ ਕਰਦੇ ਅਤੇ ਜਦੋਂ ਸਾਡੀ ਮੌਤ ਆਵੇ ਤਾਂ ਅਸੀਂ ਨੇਕ ਲੋਕਾਂ ਦੇ ਨਾਲ ਹੋਈਏ।

رَبَّنَا وَآتِنَا مَا وَعَدْتَنَا عَلَىٰ رُسُلِكَ وَلَا تُخْزِنَا يَوْمَ الْقِيَامَةِ ۗ إِنَّكَ لَا تُخْلِفُ الْمِيعَادَ ﴿١٩٤﴾

194 ਹੇ ਸਾਡੇ ਪਾਲਣਹਾਰ! ਸਾਨੂੰ ਉਹ ਚੀਜ਼ (ਸਵਰਗ) ਬਖ਼ਸ਼ ਦੇ ਜਿਸ ਦਾ ਵਾਅਦਾ ਤੈਨੇ ਸਾਡੇ ਨਾਲ ਆਪਣੇ ਰਸੂਲਾਂ ਰਾਹੀਂ ਕੀਤਾ ਹੈ ਅਤੇ ਸਾਨੂੰ ਕਿਆਮਤ ਵਾਲੇ ਦਿਨ ਜ਼ਲੀਲ ਨਾ ਕਰੀਂ। ਬੇਸ਼ੱਕ ਤੂੰ ਆਪਣੇ ਵਾਅਦੇ ਤੋਂ ਫਿਰਨ ਵਾਲਾ ਨਹੀਂ।

195. ਉਹਨਾਂ ਦੇ ਰੱਬ ਨੇ ਉਹਨਾਂ ਦੀ ਦੁਆ ਨੂੰ ਕਬੂਲ ਕਰ ਲਿਆ (ਅਤੇ ਆਖਿਆ ਕਿ) ਤੁਹਾਡੇ ਵਿੱਚੋਂ ਕਿਸੇ ਦਾ ਵੀ ਨੇਕ ਅਮਲ, ਭਾਵੇਂ ਉਹ ਪੁਰਖ ਹੋਵੇ ਜਾਂ ਇਸਤਰੀ, ਐਵੇਂ ਹੀ ਬਰਬਾਦ ਨਹੀਂ ਕਰਾਂਗਾ। ਤੁਸੀਂ ਸਾਰੇ ਆਪਸ ਵਿਚ ਇੱਕੋ ਹੀ ਹੋ, ਇਸ ਲਈ ਉਹ ਲੋਕ ਜਿਨ੍ਹਾਂ ਨੇ ਹਿਜਰਤ ਕੀਤੀ ਅਤੇ ਆਪਣੇ ਘਰਾਂ ਵਿੱਚੋਂ ਕੱਢ ਦਿੱਤੇ ਗਏ ਅਤੇ ਜਿਨ੍ਹਾਂ ਨੂੰ ਮੇਰੇ ਰਸਤੇ ਚੱਲਣ ਕਾਰਨ ਤਕਲੀਫ਼ਾਂ ਦਿੱਤੀਆਂ ਗਈਆਂ। ਜਿਨ੍ਹਾਂ ਨੇ ਰੱਬ ਲਈ ਲੜਾਈ ਲੜੀ ਅਤੇ ਮਾਰੇ ਗਏ, ਮੈਂ ਜ਼ਰੂਰ ਹੀ ਉਹਨਾਂ ਦੀਆਂ ਬੁਰਾਈਆਂ ਉਹਨਾਂ ਤੋਂ ਦੂਰ ਕਰ ਦੇਵੇਗਾਂ ਅਤੇ ਉਹਨਾਂ ਨੂੰ ਉਹਨਾਂ ਜੰਨਤਾਂ ਵਿਚ ਦਾਖ਼ਲ ਕਰਾਂਗਾਂ ਜਿੱਥੇ ਉਹ ਸਦਾ ਰਹਿਣਗੇ। ਜਿਸ ਦੇ ਹੇਠ ਨਹਿਰਾਂ ਵੱਗ ਰਹੀਆਂ ਹਨ, ਇਹ ਉਹਨਾਂ ਦਾ ਬਦਲਾ ਅੱਲਾਹ ਵੱਲੋਂ ਹੈ ਅਤੇ ਅੱਲਾਹ ਕੋਲ ਹੀ ਸਭ ਤੋਂ ਵਧੀਆ ਬਦਲਾ ਹੈ।

فَاسْتَجَابَ لَهُمْ رَبُّهُمْ أَنِّي لَا أُضِيعُ عَمَلَ عَامِلٍ مِّنكُم مِّن ذَكَرٍ أَوْ أُنثَىٰ ۖ بَعْضُكُم مِّن بَعْضٍ ۖ فَالَّذِينَ هَاجَرُوا وَأُخْرِجُوا مِن دِيَارِهِمْ وَأُوذُوا فِي سَبِيلِي وَقَاتَلُوا وَقُتِلُوا لَأُكَفِّرَنَّ عَنْهُمْ سَيِّئَاتِهِمْ وَلَأُدْخِلَنَّهُمْ جَنَّاتٍ تَجْرِي مِن تَحْتِهَا الْأَنْهَارُ ثَوَابًا مِّنْ عِندِ اللَّهِ ۗ وَاللَّهُ عِندَهُ حُسْنُ الثَّوَابِ ﴿١٩٥﴾

196. ਹੇ ਨਬੀ। ਰੱਬ ਦੇ ਇਨਕਾਰੀਆਂ ਦੀ ਸੰਸਾਰ ਵਿਚ ਚਲਤ ਫਿਰਤ (ਖ਼ੁਸ਼ਹਾਲੀ) ਤੁਹਾਨੂੰ ਧੋਖੇ ਵਿਚ ਨਾ ਪਾ ਦੇਵੇ।

لَا يَغُرَّنَّكَ تَقَلُّبُ الَّذِينَ كَفَرُوا فِي الْبِلَادِ ﴿١٩٦﴾

197. ਇਹ ਤਾਂ ਬਹੁਤ ਹੀ ਥੋੜ੍ਹਾ ਲਾਭ ਹੈ (ਇਸ ਸੰਸਾਰਿਕ ਜੀਵਨ ਤੋਂ ਬਾਅਦ) ਉਹਨਾਂ ਦਾ ਟਿਕਾਣਾ ਨਰਕ ਹੀ ਹੈ ਅਤੇ ਉਹ ਬਹੁਤ ਹੀ ਬੁਰੀ ਜਗ੍ਹਾ ਹੈ।

مَتَاعٌ قَلِيلٌ ثُمَّ مَأْوَاهُمْ جَهَنَّمُ ۚ وَبِئْسَ الْمِهَادُ ﴿١٩٧﴾

198. ਪ੍ਰੰਤੂ ਜਿਹੜੇ ਲੋਕ (ਸੰਸਾਰ ਵਿਚ) ਆਪਣੇ ਰੱਬ ਤੋਂ ਡਰਦੇ ਰਹੇ ਉਹਨਾਂ ਲਈ (ਆਖ਼ਿਰਤ ਵਿਚ) ਸਵਰਗਾਂ ਹਨ ਜਿਨ੍ਹਾਂ ਦੇ ਹੇਠ ਨਹਿਰਾਂ ਵਗਦੀਆਂ ਹਨ ਜਿੱਥੇ ਉਹ ਸਦਾ ਰਹਿਣਗੇ, ਇਹ ਅੱਲਾਹ ਵੱਲੋਂ ਉਹਨਾਂ (ਨੇਕ ਲੋਕਾਂ) ਲਈ ਆਓ ਭਗਤ ਹੈ ਅਤੇ ਨੇਕ ਲੋਕਾਂ ਲਈ ਜੋ ਅੱਲਾਹ ਕੋਲ ਹੈ ਉਹ ਬਹੁਤ ਹੀ ਵਧੀਆ ਹੈ।

لَٰكِنِ الَّذِينَ اتَّقَوْا رَبَّهُمْ لَهُمْ جَنَّاتٌ تَجْرِي مِن تَحْتِهَا الْأَنْهَارُ خَالِدِينَ فِيهَا نُزُلًا مِّنْ عِندِ اللَّهِ ۗ وَمَا عِندَ اللَّهِ خَيْرٌ لِّلْأَبْرَارِ ﴿١٩٨﴾

وَإِنَّ مِنْ أَهْلِ الْكِتَابِ لَمَن يُؤْمِنُ بِاللَّهِ وَمَا أُنزِلَ إِلَيْكُمْ وَمَا أُنزِلَ إِلَيْهِمْ خَاشِعِينَ لِلَّهِ لَا يَشْتَرُونَ بِآيَاتِ اللَّهِ ثَمَنًا قَلِيلًا ۗ أُولَٰئِكَ لَهُمْ أَجْرُهُمْ عِندَ رَبِّهِمْ ۗ إِنَّ اللَّهَ سَرِيعُ الْحِسَابِ (١٩٩)

199. ਬੇਸ਼ੱਕ! ਕਿਤਾਬ ਵਾਲਿਆਂ (ਯਹੂਦੀਆਂ ਤੇ ਈਸਾਈਆਂ) ਵਿੱਚੋਂ ਕੁੱਝ ਅਜਿਹੇ ਵੀ ਹਨ ਜਿਹੜੇ ਅੱਲਾਹ 'ਤੇ ਈਮਾਨ ਰਖਦੇ ਹਨ ਅਤੇ ਤੁਹਾਡੇ ਉੱਤੇ (ਹੇ ਮੁਹੰਮਦ!) ਜਿਹੜਾ (ਕੁਰਆਨ) ਨਾਜ਼ਲ ਹੋਇਆ ਹੈ ਅਤੇ ਉਹਨਾਂ ਲਈ ਜੋ (ਤੌਰੈਤ ਤੇ ਇੰਜੀਲ) ਨਾਜ਼ਲ ਕੀਤਾ ਗਿਆ ਹੈ ਉਸ 'ਤੇ ਵੀ (ਈਮਾਨ ਰੱਖਦੇ ਹਨ), ਅੱਲਾਹ ਤੋਂ ਡਰਦੇ ਹਨ ਅਤੇ ਅੱਲਾਹ ਦੀਆਂ ਆਇਤਾਂ (ਕੁਰਆਨ) ਨੂੰ ਥੋੜ੍ਹੇ ਜਿਹੇ (ਸੰਸਾਰਿਕ ਲਾਭ) ਮੁੱਲ 'ਤੇ ਵੇਚ ਨਹੀਂ ਸੁੱਟਦੇ, ਉਹਨਾਂ ਦਾ ਬਦਲਾ ਉਹਨਾਂ ਦੇ ਰੱਬ ਦੇ ਕੋਲ ਹੈ ਅਤੇ ਅੱਲਾਹ ਬਹੁਤ ਛੇਤੀ ਹਿਸਾਬ ਲੈਣ ਵਾਲਾ ਹੈ।

يَا أَيُّهَا الَّذِينَ آمَنُوا اصْبِرُوا وَصَابِرُوا وَرَابِطُوا وَاتَّقُوا اللَّهَ لَعَلَّكُمْ تُفْلِحُونَ (٢٠٠)

200. ਹੇ ਈਮਾਨ ਵਾਲਿਓ! (ਮੁਸੀਬਤਾਂ ਵੇਲੇ) ਸਬਰ ਤੋਂ ਕੰਮ ਲਵੋ (ਲੜਾਈ ਸਮੇਂ) ਡਟੇ ਰਹੋ, ਹੱਕ ਸੱਚ ਦੀ ਸੇਵਾ ਲਈ ਸਰਗਰਮ ਰਹੋ ਤਾਂ ਜੋ ਤੁਸੀਂ (ਆਪਣੇ ਟੀਚੇ ਨੂੰ ਪ੍ਰਾਪਤ ਕਰਨ ਵਿਚ) ਸਫ਼ਲ ਹੋ ਸਕੋ।

سُورَةُ النِّسَاءِ

4. ਸੂਰਤ ਅਨ-ਨਿਸਾ (ਮਦਨੀ-92)

(ਆਇਤਾਂ 176, ਰੁਕੂਅ 24)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

يَا أَيُّهَا النَّاسُ اتَّقُوا رَبَّكُمُ الَّذِي خَلَقَكُم مِّن نَّفْسٍ وَاحِدَةٍ وَخَلَقَ مِنْهَا زَوْجَهَا وَبَثَّ مِنْهُمَا رِجَالًا كَثِيرًا وَنِسَاءً ۚ وَاتَّقُوا اللَّهَ الَّذِي تَسَاءَلُونَ بِهِ وَالْأَرْحَامَ ۚ إِنَّ اللَّهَ كَانَ عَلَيْكُمْ رَقِيبًا (١)

1. ਹੇ ਲੋਕੋ! ਆਪਣੇ ਉਸ ਪਾਲਣਹਾਰ ਤੋਂ ਡਰੋ ਜਿਸ ਨੇ ਤੁਹਾਨੂੰ ਸਭ ਨੂੰ ਇਕ ਜਾਨ (ਹਜ਼ਰਤ ਆਦਮ) ਤੋਂ ਪੈਦਾ ਕੀਤਾ ਤੇ ਉਸੇ (ਜਾਨ) ਤੋਂ ਉਹਦਾ ਜੋੜਾ (ਪਤਨੀ ਹੱਵਾ ਨੂੰ) ਬਣਾਇਆ ਅਤੇ ਉਹਨਾਂ ਦੋਵਾਂ ਤੋਂ ਬਹੁਤ ਸਾਰੇ ਮਰਦ ਤੇ ਔਰਤਾਂ

(ਦੁਨੀਆਂ ਵਿਚ) ਖਿਲਾਰ ਦਿੱਤੇ। ਉਸ ਅੱਲਾਹ ਤੋਂ ਡਰੋ ਜਿਸ ਦਾ ਵਾਸਤਾ ਪਾਕੇ ਤੁਸੀਂ ਇਕ ਦੂਜੇ ਕੋਲੋਂ (ਰਿਸ਼ਤੇ) ਮੰਗਦੇ ਹੋ, ਅਤੇ ਰਿਸ਼ਤੇ ਨਾਤੇ ਤੋੜਣ ਤੋਂ ਬਚੋ।[1] ਬੇਸ਼ੱਕ ਅੱਲਾਹ ਤੁਹਾਡੀ ਨਿਗਰਾਨੀ ਕਰ ਰਿਹਾ ਹੈ।

2 ਯਤੀਮਾਂ ਦੇ ਮਾਲ (ਜਿਹੜੇ ਤੁਹਾਡੇ ਕੋਲ ਹਨ) ਉਹਨਾਂ ਨੂੰ ਵਾਪਸ ਦੇ ਦਿਓ ਅਤੇ (ਉਹਨਾਂ ਦੇ) ਵਧੀਆ ਮਾਲ ਨੂੰ (ਆਪਣੇ) ਭੈੜੇ ਮਾਲ ਨਾਲ ਨਾ ਬਦਲੋ। ਤੁਸੀਂ ਉਹਨਾਂ ਦੇ ਮਾਲ ਆਪਣੇ ਮਾਲ ਨਾਲ ਰਲਾ ਮਲਾ ਕੇ ਨਾ ਖਾਓ। ਬੇਸ਼ੱਕ ਇਹ ਬਹੁਤ ਵੱਡਾ ਪਾਪ ਹੈ।

وَاٰتُوا الْيَتٰمٰٓى اَمْوَالَهُمْ وَلَا تَتَبَدَّلُوا الْخَبِيْثَ بِالطَّيِّبِ ۪ وَلَا تَاْكُلُوْٓا اَمْوَالَهُمْ اِلٰٓى اَمْوَالِكُمْ ؕ اِنَّهٗ كَانَ حُوْبًا كَبِيْرًا ②

3. ਜੇ ਤੁਹਾਨੂੰ ਡਰ ਹੋਵੇ ਕਿ ਤੁਸੀਂ ਯਤੀਮ ਲੜਕੀਆਂ ਨਾਲ (ਨਿਕਾਹ ਕਰਕੇ) ਇਨਸਾਫ਼ ਨਹੀਂ ਕਰ ਸਕੋਂਗੇ ਤਾਂ ਜਿਹੜੀਆਂ ਇਸਤਰੀਆਂ ਤੁਹਾਨੂੰ ਪਸੰਦ ਹੋਣ ਤੁਸੀਂ ਉਹਨਾਂ ਵਿੱਚੋਂ ਦੋ-ਦੋ, ਤਿੰਨ ਤਿੰਨ ਅਤੇ ਚਾਰ-ਚਾਰ (ਇਸਤਰੀਆਂ ਨਾਲ ਨਿਕਾਹ) ਕਰ ਸਕਦੇ ਹੋ, ਪਰ ਜੇ ਤੁਹਾਨੂੰ ਇਸ ਗੱਲ ਦਾ ਡਰ ਹੈ ਕਿ ਤੁਸੀਂ ਉਹਨਾਂ ਨਾਲ ਨਿਆ ਨਹੀਂ ਕਰ ਸਕਦੇ ਤਾਂ ਇੱਕ ਹੀ ਔਰਤ ਨਾਲ ਨਿਕਾਹ ਕਰੋ ਜਾਂ ਉਹਨਾਂ ਗੋਲੀਆਂ ਨੂੰ ਪਤਨੀ ਬਣਾ ਲਓ ਜੋ ਤੁਹਾਡੇ ਕਬਜ਼ੇ 'ਚ ਆਈਆਂ ਹਨ। ਤੁਹਾਡੇ ਲਈ ਇਹੋ ਉਚਿਤ ਹੈ। ਇੰਜ ਕਰਕੇ ਤੁਸੀਂ ਨਾ ਇਨਸਾਫ਼ੀ ਤੋਂ ਬਚ ਜਾਵੋਂਗੇ।

وَاِنْ خِفْتُمْ اَلَّا تُقْسِطُوْا فِى الْيَتٰمٰى فَانْكِحُوْا مَا طَابَ لَكُمْ مِّنَ النِّسَآءِ مَثْنٰى وَثُلٰثَ وَرُبٰعَ ۚ فَاِنْ خِفْتُمْ اَلَّا تَعْدِلُوْا فَوَاحِدَةً اَوْ مَا مَلَكَتْ اَيْمَانُكُمْ ؕ ذٰلِكَ اَدْنٰٓى اَلَّا تَعُوْلُوْا ③

[1] ਰਿਸ਼ਤੇ ਤੋੜਨਾ ਬਹੁਤ ਵੱਡਾ ਗੁਨਾਹ ਹੈ। ਨਬੀ ਕਰੀਮ ਸ: ਦਾ ਫ਼ਰਮਾਨ ਹੈ ਕਿ ਰਿਸ਼ਤੇ ਤੋੜਣ ਵਾਲਾ ਜੰਨਤ ਵਿਚ ਨਹੀਂ ਜਾਵੇਗਾ। (ਸਹੀ ਬੁਖ਼ਾਰੀ, ਹਦੀਸ: 5984)

وَآتُوا النِّسَاءَ صَدُقَاتِهِنَّ نِحْلَةً ۚ فَإِن طِبْنَ لَكُمْ عَن شَيْءٍ مِّنْهُ نَفْسًا فَكُلُوهُ هَنِيئًا مَّرِيئًا (4)

4 ਪਤਨੀਆਂ ਨੂੰ ਉਹਨਾਂ ਦੇ ਮਹਿਰ ਖ਼ੁਸ਼ੀ-ਖ਼ੁਸ਼ੀ ਅਦਾ ਕਰੋ,[1] ਹਾਂ ਜੇ ਉਹ ਆਪੇ ਆਪਣੀ ਇੱਛਾ ਨਾਲ ਤੁਹਾਨੂੰ ਮਹਿਰ ਦਾ ਕੁੱਝ ਹਿੱਸਾ ਮੁਆਫ਼ ਕਰ ਦੇਣ ਤਾਂ ਤੁਸੀਂ ਉਸ ਨੂੰ ਸ਼ੌਕ ਨਾਲ ਖਾ ਸਕਦੇ ਹੋ।

وَلَا تُؤْتُوا السُّفَهَاءَ أَمْوَالَكُمُ الَّتِي جَعَلَ اللَّهُ لَكُمْ قِيَامًا وَارْزُقُوهُمْ فِيهَا وَاكْسُوهُمْ وَقُولُوا لَهُمْ قَوْلًا مَّعْرُوفًا (5)

5. ਜਿਸ ਮਾਲ ਨੂੰ ਅੱਲਾਹ ਨੇ ਤੁਹਾਡੇ ਲਈ ਜੀਵਨ ਗੁਜ਼ਾਰਨ ਦਾ ਇਕ ਸਾਧਨ ਬਣਾਇਆ ਹੈ ਉਸ ਮਾਲ ਨੂੰ ਬੇ-ਸਮਝ ਲੋਕਾਂ ਦੇ ਹਵਾਲੇ ਨਾ ਕਰੋ। ਹਾਂ! ਉਹਨਾਂ (ਬੇ-ਅਕਲਾਂ) ਨੂੰ ਉਸ ਮਾਲ 'ਚੋਂ ਖਾਣ ਪਾਣ ਕਰਾਓ ਤੇ ਕੱਪੜਾ ਲੱਤਾ ਪਵਾਓ ਅਤੇ ਉਹਨਾਂ ਨਾਲ ਨਰਮ ਸੁਭਾਅ ਨਾਲ ਗੱਲਬਾਤ ਕਰੋ।

وَابْتَلُوا الْيَتَامَىٰ حَتَّىٰ إِذَا بَلَغُوا النِّكَاحَ فَإِنْ آنَسْتُم مِّنْهُمْ رُشْدًا فَادْفَعُوا إِلَيْهِمْ أَمْوَالَهُمْ ۖ وَلَا تَأْكُلُوهَا إِسْرَافًا وَبِدَارًا أَن يَكْبَرُوا ۚ وَمَن كَانَ غَنِيًّا فَلْيَسْتَعْفِفْ ۖ وَمَن كَانَ فَقِيرًا فَلْيَأْكُلْ بِالْمَعْرُوفِ ۚ فَإِذَا دَفَعْتُمْ إِلَيْهِمْ أَمْوَالَهُمْ فَأَشْهِدُوا عَلَيْهِمْ ۚ وَكَفَىٰ بِاللَّهِ حَسِيبًا (6)

6 ਤੁਸੀਂ ਯਤੀਮਾਂ ਦੀ (ਸੂਝ-ਬੂਝ ਦੀ) ਪਰਖ ਕਰਦੇ ਰਹੋ, ਇੱਥੋਂ ਤਕ ਕਿ ਉਹ ਨਿਕਾਹ ਦੀ ਉਮਰ ਨੂੰ ਪੁੱਜ ਜਾਣ। ਫੇਰ ਜੇ ਤੁਸੀਂ ਉਹਨਾਂ ਵਿਚ ਸਮਝਦਾਰੀ ਤੇ ਯੋਗਤਾ ਪਾਓ ਤਾਂ ਉਹਨਾਂ ਦੇ ਮਾਲ ਉਹਨਾਂ ਦੇ ਹਵਾਲੇ ਕਰ ਦਿਓ। ਤੁਸੀਂ ਉਹਨਾਂ ਦੀ ਦੌਲਤ ਨੂੰ ਲੋੜ ਤੋਂ ਵੱਧ ਅਤੇ ਛੇਤੀ ਛੇਤੀ ਇਸ ਕਰਕੇ ਨਾ ਖਾਓ ਕਿ ਉਹ ਵੱਡੇ ਹੋ ਕੇ ਤੁਹਾਥੋਂ ਆਪਣਾ ਹੱਕ ਮੰਗਣਗੇ। ਜੇ (ਸਰਪ੍ਰਸਤ) ਅਮੀਰ ਹੋਵੇ ਤਾਂ ਉਸ ਨੂੰ ਚਾਹੀਦਾ ਹੈ ਕਿ ਅਨਾਥਾਂ ਦੇ ਮਾਲ ਖਾਣ ਤੋਂ ਬਚੇ, ਪਰ ਜੇ ਉਹ ਗ਼ਰੀਬ ਹੈ ਤਾਂ ਲੋੜ ਅਨੁਸਾਰ ਖਾ ਸਕਦਾ ਹੈ। ਜਦੋਂ ਤੁਸੀਂ ਉਹਨਾਂ (ਅਨਾਥਾਂ) ਦੇ ਮਾਲ ਉਹਨਾਂ ਦੇ ਹਵਾਲੇ ਕਰੋ ਤਾਂ ਇਸ 'ਤੇ ਕਿਸੇ ਨੂੰ ਗਵਾਹ ਬਣਾ ਲਵੋ। ਅਤੇ ਅੱਲਾਹ ਹਿਸਾਬ ਲੈਣ ਲਈ ਆਪ ਹੀ ਬਥੇਰਾ ਹੈ।

---

[1] ਮਹਿਰ ਔਰਤ ਦਾ ਉਹ ਹੱਕ ਹੈ ਜਿਸ ਨੂੰ ਨਾ ਦੇਣਾ ਸਖ਼ਤ ਗੁਨਾਹ ਹੈ ਨਬੀ ਕਰੀਮ ਸ. ਨੇ ਫ਼ਰਮਾਇਆ ਕਿ ਅੱਲਾਹ ਤਆਲਾ ਨੇ ਤੁਹਾਡੇ ਲਈ ਮਾਵਾਂ ਦੀ ਨਾ-ਫ਼ਰਮਾਨੀ, ਧੀਆਂ ਨੂੰ ਜਿਊਂਦਾ ਦੱਬ ਦੇਣਾ ਆਪਣੇ 'ਤੇ ਕਿਸੇ ਦਾ ਹੱਕ ਹੋਵੇ ਉਸ ਨੂੰ ਨਾ ਅਦਾ ਕਰਨਾ ਅਤੇ ਦੂਜਿਆਂ ਤੋਂ ਆਪਣਾ ਹੱਕ ਮੰਗਣਾ ਹਰਾਮ ਕਰ ਦਿੱਤਾ ਹੈ ਅਤੇ ਆਪ ਸ. ਨੇ ਬੇਕਾਰ ਗੱਲਾਂ ਕਰਨ, ਅਤੇ ਬਹੁਤੇ ਸਵਾਲ ਕਰਨ, ਅਤੇ ਮਾਲ ਬਰਬਾਦ ਕਰਨ ਨੂੰ ਨਾ ਪਸੰਦ ਕੀਤਾ ਹੈ। (ਸਹੀ ਬੁਖ਼ਾਰੀ, ਹਦੀਸ: 2408)

7. ਮਾਤਾ ਪਿਤਾ ਤੇ ਸਾਕ-ਸੰਬੰਧੀ ਦੇ ਛੱਡੇ ਹੋਏ ਮਾਲ ਵਿਚ ਮਰਦਾਂ ਦਾ ਵੀ ਹਿੱਸਾ ਹੈ ਤੇ ਔਰਤਾਂ ਦਾ ਵੀ (ਹਿੱਸਾ ਹੈ) ਮਾਲ ਭਾਵੇਂ ਘੱਟ ਹੋਵੇ ਜਾਂ ਵੱਧ ਹੋਵੇ ਇਹ ਦੇ ਹਿੱਸੇ (ਅੱਲਾਹ ਵੱਲੋਂ) ਨਿਯਤ ਕੀਤੇ ਗਏ ਹਨ।

لِلرِّجَالِ نَصِيبٌ مِّمَّا تَرَكَ الْوَالِدَانِ وَالْأَقْرَبُونَ
وَلِلنِّسَاءِ نَصِيبٌ مِّمَّا تَرَكَ الْوَالِدَانِ وَالْأَقْرَبُونَ
مِمَّا قَلَّ مِنْهُ أَوْ كَثُرَ ۚ نَصِيبًا مَّفْرُوضًا ⑦

8. ਜੇ ਵੰਡ ਵੇਲੇ ਰਿਸ਼ਤੇਦਾਰ, ਯਤੀਮ ਅਤੇ ਮੁਥਾਜ ਆ ਜਾਣ ਤਾਂ ਤੁਸੀਂ ਉਸ (ਵਿਰਾਸਤ ਦੇ) ਮਾਲ ਵਿੱਚੋਂ ਉਹਨਾਂ ਨੂੰ ਵੀ ਕੁੱਝ ਦੇ ਦੇਵੋ ਅਤੇ ਉਹਨਾਂ ਨਾਲ ਨਰਮੀ ਨਾਲ ਬੋਲੋ।

وَإِذَا حَضَرَ الْقِسْمَةَ أُولُو الْقُرْبَىٰ وَالْيَتَامَىٰ
وَالْمَسَاكِينُ فَارْزُقُوهُم مِّنْهُ وَقُولُوا لَهُمْ
قَوْلًا مَّعْرُوفًا ⑧

9. ਲੋਕਾਂ ਨੂੰ ਇਸ ਗੱਲ ਤੋਂ ਡਰਨਾ ਚਾਹੀਦਾ ਹੈ ਕਿ ਜੇ ਉਹ ਆਪਣੇ ਪਿੱਛੇ (ਛੋਟੇ-ਛੋਟੇ) ਬੇਵਸ ਬੱਚੇ ਛੱਡ ਜਾਣ ਤਾਂ ਉਹਨਾਂ ਨੂੰ ਆਪਣੇ ਬੱਚਿਆਂ ਪ੍ਰਤੀ ਕਿੰਨੀ ਚਿੰਤਾ ਹੋਵੇਗੀ। ਸੋ ਉਹਨਾਂ ਨੂੰ ਰੱਬ ਤੋਂ ਡਰਦੇ ਹੋਏ ਠੀਕ ਤੇ ਸਹੀ ਗੱਲ ਕਹਿਣੀ ਚਾਹੀਦੀ ਹੈ।

وَلْيَخْشَ الَّذِينَ لَوْ تَرَكُوا مِنْ خَلْفِهِمْ ذُرِّيَّةً
ضِعَافًا خَافُوا عَلَيْهِمْ فَلْيَتَّقُوا اللَّهَ وَلْيَقُولُوا
قَوْلًا سَدِيدًا ⑨

10. ਜਿਹੜੇ ਲੋਕ ਯਤੀਮਾਂ ਦਾ ਮਾਲ ਜ਼ੁਲਮ ਨਾਲ ਖਾਂਦੇ ਹਨ ਉਹ ਆਪਣੇ ਢਿੱਡ ਅੱਗ ਨਾਲ ਹੀ ਭਰਦੇ ਹਨ ਅਤੇ ਉਹ ਛੇਤੀ ਹੀ (ਕਿਆਮਤ ਵਾਲੇ ਦਿਨ) ਨਰਕ ਦੀ ਅੱਗ ਵਿਚ ਸੁੱਟੇ ਜਾਣਗੇ।

إِنَّ الَّذِينَ يَأْكُلُونَ أَمْوَالَ الْيَتَامَىٰ ظُلْمًا إِنَّمَا
يَأْكُلُونَ فِي بُطُونِهِمْ نَارًا ۖ وَسَيَصْلَوْنَ سَعِيرًا ⑩

11. ਅੱਲਾਹ ਤੁਹਾਨੂੰ ਤੁਹਾਡੀ ਸੰਤਾਨ ਬਾਰੇ ਹੁਕਮ ਦਿੰਦਾ ਹੈ ਕਿ ਪੁੱਤਰ ਦਾ ਹਿੱਸਾ ਦੋ ਧੀਆਂ ਦੇ ਬਰਾਬਰ ਹੈ। ਜੇਕਰ ਕੇਵਲ ਧੀਆਂ ਦੋ ਜਾਂ ਦੋ ਤੋਂ ਵੱਧ ਹੋਣ ਤਾਂ ਉਹਨਾਂ ਨੂੰ ਵਿਰਸੇ ਦਾ ਦੋ ਤਿਹਾਈ ਹਿੱਸਾ ਮਿਲੇਗਾ ਅਤੇ ਜੇ ਇਕ ਹੀ (ਧੀ) ਹੋਵੇ ਤਾਂ ਉਸ ਲਈ ਅੱਧਾ ਵਿਰਸਾ ਹੈ। ਜੇ ਮ੍ਰਿਤਕ ਦੇ ਸੰਤਾਨ ਹੈ ਤਾਂ ਉਸ ਦੇ ਮਾਤਾ ਪਿਤਾ ਵਿਚੋਂ ਹਰ ਇਕ ਨੂੰ ਵਿਰਸੇ ਦਾ ਛੇਵਾਂ ਹਿੱਸਾ ਮਿਲੇਗਾ ਅਤੇ ਜੇ ਸੰਤਾਨ ਨਾ ਹੋਵੇ ਅਤੇ ਮਾ ਬਾਪ ਹੀ ਵਾਰਿਸ ਹੋਣ ਤਾਂ ਉਸ ਦੀ ਮਾਂ ਦਾ ਤੀਜਾ ਹਿੱਸਾ ਹੈ। ਜੇ ਮ੍ਰਿਤਕ ਦੇ ਕਈ

يُوصِيكُمُ اللَّهُ فِي أَوْلَادِكُمْ ۖ لِلذَّكَرِ مِثْلُ حَظِّ
الْأُنثَيَيْنِ ۚ فَإِن كُنَّ نِسَاءً فَوْقَ اثْنَتَيْنِ فَلَهُنَّ
ثُلُثَا مَا تَرَكَ ۖ وَإِن كَانَتْ وَاحِدَةً فَلَهَا النِّصْفُ ۚ
وَلِأَبَوَيْهِ لِكُلِّ وَاحِدٍ مِّنْهُمَا السُّدُسُ مِمَّا تَرَكَ
إِن كَانَ لَهُ وَلَدٌ ۚ فَإِن لَّمْ يَكُن لَّهُ وَلَدٌ وَوَرِثَهُ
أَبَوَاهُ فَلِأُمِّهِ الثُّلُثُ ۚ فَإِن كَانَ لَهُ إِخْوَةٌ فَلِأُمِّهِ

ਭਰਾ ਹੋਣ ਤਾਂ ਫੇਰ ਉਸ ਦੀ ਮਾਂ ਦਾ ਛੇਵਾਂ ਹਿੱਸਾ ਵਰਾਸਤ ਵਿਚ ਹੋਵੇਗਾ। ਇਹ ਸਾਰੇ ਹਿੱਸਿਆਂ ਦੀ ਵੰਡ ਮ੍ਰਿਤਕ ਦੀ ਵਸੀਅਤ ਪੂਰੀ ਕਰਨ ਅਤੇ ਉਸ ਦੇ ਸਿਰ ਜਿਹੜਾ ਕਰਜ਼ਾ ਹੋਵੇ ਉਸ ਨੂੰ ਉਤਾਰਨ ਮਗਰੋਂ ਹੋਵੇਗੀ। ਤੁਹਾਡੇ ਮਾਂ ਬਾਪ ਹੋਣ ਜਾਂ ਤੁਹਾਡੀ ਸੰਤਾਨ ਹੋਵੇ ਤੁਹਾਨੂੰ ਨਹੀਂ ਪਤਾ ਕਿ ਇਹਨਾਂ ਵਿੱਚੋਂ ਕੌਣ ਤੁਹਾਨੂੰ ਲਾਭ ਪਹੁੰਚਾ ਸਕਦਾ ਹੈ। ਇਹ ਸਾਰੇ ਹਿੱਸੇ ਅੱਲਾਹ ਵੱਲੋਂ ਨਿਯਤ ਕੀਤੇ ਹੋਏ ਹਨ। ਬੇਸ਼ੱਕ ਅੱਲਾਹ ਸਾਰੀਆਂ ਹਕੀਕਤਾਂ ਅਤੇ ਸਾਰੀਆਂ ਹਿਕਮਤਾਂ ਦਾ ਜਾਣਨ ਵਾਲਾ ਹੈ।

12 ਜੇ ਤੁਹਾਡੀਆਂ ਪਤਨੀਆਂ ਬੇ-ਔਲਾਦ ਹੋਣ ਤਾਂ ਉਹਨਾਂ ਦੇ ਛੱਡੇ ਹੋਏ ਮਾਲ ਵਿੱਚੋਂ ਤੁਹਾਡਾ (ਪਤੀ ਦਾ) ਅੱਧਾ ਹਿੱਸਾ ਹੋਵੇਗਾ ਜੇ ਉਸ ਦੀ ਸੰਤਾਨ ਹੈ ਤਾਂ ਉਹਨਾਂ ਦੇ ਛੱਡੇ ਹੋਏ ਮਾਲ ਵਿੱਚੋਂ ਤੁਹਾਡਾ ਚੋਥਾ ਹਿੱਸਾ ਹੋਵੇਗਾ। ਇਹ ਵੰਡ ਉਹਨਾਂ ਪਤਨੀਆਂ ਦੀ ਵਸੀਅਤ ਪੂਰੀ ਕਰਨ ਅਤੇ ਕਰਜ਼ਾਂ ਅਦਾ ਕਰਨ ਤੋਂ ਬਾਅਦ ਹੀ ਹੋਵੇਗੀ। ਜੇ ਤੁਹਾਡੀ (ਮਰਦਾਂ ਦੀ) ਸੰਤਾਨ ਨਹੀਂ ਤਾਂ ਤੁਹਾਡੇ ਵੱਲੋਂ ਛੱਡੇ ਹੋਏ ਮਾਲ 'ਚੋਂ ਤੁਹਾਡੀ ਪਤਨੀਆਂ ਦਾ ਚੌਥਾ ਹਿੱਸਾ ਹੈ ਜੇ ਤੁਹਾਡੀ ਔਲਾਦ ਹੈ ਤਾਂ ਤੁਹਾਡੇ ਛੱਡੇ ਹੋਏ ਮਾਲ 'ਚੋਂ ਉਹਨਾਂ (ਤੁਹਾਡੀਆਂ ਪਤਨੀਆਂ) ਦਾ ਅੱਠਵਾਂ ਹਿੱਸਾ ਹੈ ਇਹ ਵੰਡ ਵੀ ਤੁਹਾਡੇ ਵੱਲੋਂ ਕੀਤੀ ਹੋਈ ਵਸੀਅਤ ਦੀ ਪੂਰਤੀ ਅਤੇ ਤੁਹਾਡਾ ਕਰਜ਼ ਅਦਾ ਕਰਨ ਉਪਰੰਤ ਹੋਵੇਗੀ। ਜੇਕਰ ਉਹ ਵਿਅਕਤੀ ਜਿਸ ਦਾ ਵਿਰਸਾ ਵੰਡਿਆ ਜਾ ਰਿਹਾ ਹੈ ਨਾ ਕੋਈ ਉਸਦਾ ਪੁੱਤਰ ਹੈ ਅਤੇ ਨਾ ਹੀ ਉਸ ਦਾ ਪਿਓ (ਜਿਓਂਦਾ) ਹੈ ਜਾਂ ਇਜ ਹੀ ਕੋਈ ਔਰਤ ਹੋਵੇ ਜੇ ਉਸ ਦਾ ਇਕ ਭਰਾ ਜਾਂ ਇਕ ਭੈਣ ਹੋਵੇ

السُّدُسُ مِنْ بَعْدِ وَصِيَّةٍ يُّوْصِيْ بِهَآ اَوْ دَيْنٍ ؕ
اٰبَآؤُكُمْ وَاَبْنَآؤُكُمْ لَا تَدْرُوْنَ اَيُّهُمْ اَقْرَبُ لَكُمْ
نَفْعًا ؕ فَرِيْضَةً مِّنَ اللّٰهِ ؕ اِنَّ اللّٰهَ كَانَ
عَلِيْمًا حَكِيْمًا ﴿۱۱﴾

وَلَكُمْ نِصْفُ مَا تَرَكَ اَزْوَاجُكُمْ اِنْ لَّمْ يَكُنْ
لَّهُنَّ وَلَدٌ ۚ فَاِنْ كَانَ لَهُنَّ وَلَدٌ فَلَكُمُ
الرُّبُعُ مِمَّا تَرَكْنَ مِنْۢ بَعْدِ وَصِيَّةٍ يُّوْصِيْنَ
بِهَآ اَوْ دَيْنٍ ؕ وَلَهُنَّ الرُّبُعُ مِمَّا تَرَكْتُمْ
اِنْ لَّمْ يَكُنْ لَّكُمْ وَلَدٌ ۚ فَاِنْ كَانَ لَكُمْ وَلَدٌ
فَلَهُنَّ الثُّمُنُ مِمَّا تَرَكْتُمْ مِّنْۢ بَعْدِ وَصِيَّةٍ
تُوْصُوْنَ بِهَآ اَوْ دَيْنٍ ؕ وَاِنْ كَانَ رَجُلٌ يُّوْرَثُ
كَلٰلَةً اَوِ امْرَاَةٌ وَّلَهٗٓ اَخٌ اَوْ اُخْتٌ فَلِكُلِّ وَاحِدٍ
مِّنْهُمَا السُّدُسُ ۚ فَاِنْ كَانُوْٓا اَكْثَرَ مِنْ ذٰلِكَ فَهُمْ
شُرَكَآءُ فِى الثُّلُثِ مِنْۢ بَعْدِ وَصِيَّةٍ يُّوْصٰى بِهَآ
اَوْ دَيْنٍ ۙ غَيْرَ مُضَآرٍّ ۚ وَصِيَّةً مِّنَ اللّٰهِ ؕ
وَاللّٰهُ عَلِيْمٌ حَلِيْمٌ ﴿۱۲﴾

ਤਾਂ ਇਹਨਾਂ ਦੋਵਾਂ ਵਿੱਚੋਂ ਹਰੇਕ ਦਾ ਛੇਵਾਂ ਹਿਸਾ ਹੋਵੇਗਾ, ਜੇ ਉਹ ਵੱਧ ਗਿਣਤੀ ਵਿਚ ਹਨ ਤਾਂ ਉਹ ਸਾਰੇ ਇਕ ਤਿਹਾਈ ਦੇ ਭਾਗੀਦਾਰ ਹੋਣਗੇ ਇਹ (ਵੰਡ) ਉਸ (ਮਰਨ ਵਾਲੇ ਦੀ) ਵਸੀਅਤ 'ਤੇ ਅਮਲ ਹੋਣ ਤੋਂ ਬਾਅਦ ਜਾਂ ਉਸ ਦੇ ਜ਼ਿਮੇ ਕਰਜ਼ੇ ਦੀ ਅਦਾਇਗੀ ਤੋਂ ਬਾਅਦ ਹੋਵੇਗੀ, ਪਰ ਇਸ ਤੋਂ ਕਿਸੇ ਨੂੰ ਕੋਈ ਹਾਨੀ ਨਹੀ ਹੋਣੀ ਚਾਹੀਦੀ। ਇਹ ਹੁਕਮ ਅੱਲਾਹ ਵੱਲੋਂ ਹੈ ਅਤੇ ਅੱਲਾਹ ਹੀ ਜਾਣਨ ਵਾਲਾ ਸਹਿਣਸ਼ੀਲ ਹੈ।

13 ਇਹ (ਵਰਾਸਤ ਦੀਆਂ ਵੰਡਾਂ) ਅੱਲਾਹ ਦੀਆਂ ਨਿਯਤ ਕੀਤੀਆਂ ਹੋਈਆਂ ਹਨ ਅਤੇ ਜਿਹੜਾ ਵਿਅਕਤੀ ਅੱਲਾਹ ਅਤੇ ਉਸ ਦੇ ਰਸੂਲ (ਮੁਹੰਮਦ ਸ) ਦੀ ਤਾਬੇਦਾਰੀ ਕਰੇਗਾ ਉਸ ਨੂੰ ਅੱਲਾਹ ਸਵਰਗਾਂ ਵਿਚ ਦਾਖ਼ਲ ਕਰੇਗਾ ਜਿਨ੍ਹਾਂ ਦੇ ਹੇਠ ਨਹਿਰਾਂ ਵਗਦੀਆਂ ਹਨ, ਜਿਨ੍ਹਾਂ ਵਿਚ ਉਹ (ਆਗਿਆਕਾਰੀ ਲੋਕ) ਸਦਾ ਰਹਿਣਗੇ ਅਤੇ ਇਹੋ ਵੱਡੀ ਕਾਮਯਾਬੀ ਹੈ।

تِلْكَ حُدُوْدُ اللّٰهِ ۚ وَمَنْ يُّطِعِ اللّٰهَ وَرَسُوْلَهٗ
يُدْخِلْهُ جَنّٰتٍ تَجْرِيْ مِنْ تَحْتِهَا الْاَنْهٰرُ
خٰلِدِيْنَ فِيْهَا ۚ وَذٰلِكَ الْفَوْزُ الْعَظِيْمُ (١٣)

14. ਜੋ ਵਿਅਕਤੀ ਅੱਲਾਹ ਅਤੇ ਉਸ ਦੇ ਰਸੂਲ ਦੀ ਨਾ-ਫ਼ਰਮਾਨੀ ਕਰੇਗਾ ਅਤੇ ਉਸ (ਅੱਲਾਹ) ਦੀਆਂ ਹੱਦਾਂ ਦੀ ਉਲੰਘਣਾ ਕਰੇਗਾ, ਉਸ (ਨਾ-ਫ਼ਰਮਾਨ) ਨੂੰ (ਅੱਲਾਹ) ਨਰਕ ਵਿਚ ਸੁੱਟ ਦੇਵੇਗਾ ਜਿੱਥੇ ਉਹ ਹਮੇਸ਼ਾਂ ਲਈ ਰਹਿਣਗੇ ਅਜਿਹੇ ਲੋਕਾਂ ਲਈ ਹੀ ਜ਼ਲੀਲ ਕਰਨ ਵਾਲਾ ਅਜ਼ਾਬ ਹੈ।

وَمَنْ يَّعْصِ اللّٰهَ وَرَسُوْلَهٗ وَيَتَعَدَّ حُدُوْدَهٗ يُدْخِلْهُ
نَارًا خَالِدًا فِيْهَا ۖ وَلَهٗ عَذَابٌ مُّهِيْنٌ (١٤)

15 ਅਤੇ ਤੁਹਾਡੀਆਂ ਇਸਤਰੀਆਂ (ਪਤਨੀਆਂ) ਵਿੱਚੋਂ ਜਿਹੜੀਆਂ ਬਦਕਾਰੀ ਵਾਲੇ ਕੰਮ (ਜ਼ਨਾ) ਕਰ ਬੈਠਣ ਉਹਨਾਂ ਉੱਤੇ ਆਪਣੇ ਵਿੱਚੋਂ ਹੀ ਚਾਰ ਪੁਰਸ਼ਾਂ ਦੀ ਗਵਾਹੀ ਲਓ, ਜੇ ਇਹ ਚਾਰੇ ਗਵਾਹੀ

وَالّٰتِيْ يَاْتِيْنَ الْفَاحِشَةَ مِنْ نِّسَآئِكُمْ
فَاسْتَشْهِدُوْا عَلَيْهِنَّ اَرْبَعَةً مِّنْكُمْ ۚ فَاِنْ شَهِدُوْا
فَاَمْسِكُوْهُنَّ فِي الْبُيُوْتِ حَتّٰى يَتَوَفّٰهُنَّ الْمَوْتُ
اَوْ يَجْعَلَ اللّٰهُ لَهُنَّ سَبِيْلًا (١٥)

ਦੇਣ ਤਾਂ ਉਹਨਾਂ ਔਰਤਾਂ ਨੂੰ ਘਰਾਂ ਵਿਚ ਬੰਦ (ਕੈਦ) ਕਰ ਦਿਓ, ਇੱਥੋਂ ਤਕ ਕਿ ਉਨ੍ਹਾਂ ਦੀ ਮੌਤ ਆ ਜਾਵੇ ਜਾਂ ਅੱਲਾਹ ਉਹਨਾਂ ਲਈ ਕੋਈ ਹੋਰ ਰਾਹ ਕੱਢ ਦੇਵੇ।

16. ਤੁਹਾਡੇ 'ਚੋਂ ਜਿਹੜੇ ਵੀ ਦੋ ਪੁਰਸ਼ ਬਦਕਾਰੀ (ਸਮਲਿੰਗਤਾ) ਕਰਨ ਉਹਨਾਂ ਨੂੰ ਸਜ਼ਾ ਦਿਓ ਜੇ ਉਹ ਤੌਬਾ ਕਰਕੇ ਆਪਣਾ ਸੁਧਾਰ ਕਰ ਲੈਣ ਤਾਂ ਉਹਨਾਂ ਨੂੰ ਮੁਆਫ਼ ਕਰ ਦਿਓ। ਬੇਸ਼ੱਕ ਅੱਲਾਹ ਹੀ ਤੌਬਾ ਨੂੰ ਕਬੂਲ ਕਰਨ ਵਾਲਾ ਹੈ ਤੇ ਰਹਿਮ ਫ਼ਰਮਾਉਣ ਵਾਲਾ ਹੈ।

وَالَّذٰنِ يَأْتِيٰنِهَا مِنْكُمْ فَاٰذُوْهُمَا ۚ فَاِنْ تَابَا
وَاَصْلَحَا فَاَعْرِضُوْا عَنْهُمَا ۗ اِنَّ اللّٰهَ كَانَ
تَوَّابًا رَّحِيْمًا ﴿16﴾

17 ਅੱਲਾਹ ਕੇਵਲ ਉਹਨਾਂ ਲੋਕਾਂ ਦੀ ਹੀ ਤੌਬਾ ਕਬੂਲ ਕਰਦਾ ਹੈ ਜਿਹੜੇ ਨਾਦਾਨੀ (ਅਣਜਾਣਪੁਣੇ) ਵਿਚ ਕੋਈ ਗੁਨਾਹ ਕਰ ਬੈਠਦੇ ਹਨ ਪਰ ਛੇਤੀ ਹੀ (ਉਸ ਗੁਨਾਹ ਤੋਂ) ਤੌਬਾ ਕਰ ਲੈਣ ਤਾਂ ਅੱਲਾਹ ਉਹਨਾਂ ਦੀ ਤੌਬਾ ਕਬੂਲ ਕਰਦਾ ਹੈ। ਅੱਲਾਹ (ਸਭ ਦਿਲਾਂ ਦੀ) ਜਾਣਕਾਰੀ ਰੱਖਣ ਵਾਲਾ ਹੈ ਅਤੇ ਹਿਕਮਤ ਵਾਲਾ ਹੈ।

اِنَّمَا التَّوْبَةُ عَلَى اللّٰهِ لِلَّذِيْنَ يَعْمَلُوْنَ السُّوْٓءَ
بِجَهَالَةٍ ثُمَّ يَتُوْبُوْنَ مِنْ قَرِيْبٍ فَاُولٰٓئِكَ
يَتُوْبُ اللّٰهُ عَلَيْهِمْ ۗ وَكَانَ اللّٰهُ عَلِيْمًا حَكِيْمًا ﴿17﴾

18. ਉਹਨਾਂ ਲੋਕਾਂ ਦੀ ਤੌਬਾ ਕਬੂਲ ਨਹੀਂ ਹੁੰਦੀ ਜਿਹੜੇ ਭੈੜੇ ਕੰਮ ਕਰਦੇ ਰਹਿੰਦੇ ਹਨ ਇੱਥੋਂ ਤੀਕ ਕਿ ਜਦੋਂ ਉਹਨਾਂ ਵਿੱਚੋਂ ਕਿਸੇ ਦੀ ਮੌਤ ਦਾ ਵੇਲਾ ਆ ਪੁੱਜਦਾ ਹੈ ਉਸ ਸਮੇਂ ਆਖਦਾ ਹੈ ਕਿ "ਹੁਣ ਮੈਂ ਤੌਬਾ ਕਰਦਾ ਹਾਂ" ਇਸੇ ਤਰ੍ਹਾਂ ਉਹਨਾਂ ਦੀ ਤੌਬਾ ਵੀ ਕਬੂਲ ਨਹੀਂ ਹੁੰਦੀ ਜਿਹੜੇ ਕਾਫ਼ਿਰ ਹੁੰਦੇ ਹੋਏ ਹੀ ਮਰ ਜਾਣ। ਇਹੋ ਉਹ ਲੋਕ ਹਨ ਜਿਨ੍ਹਾਂ ਲਈ ਅਸਾਂ ਦੁਖਦਾਈ ਅਜ਼ਾਬ ਤਿਆਰ ਕਰ ਛੱਡਿਆ ਹੈ।

وَلَيْسَتِ التَّوْبَةُ لِلَّذِيْنَ يَعْمَلُوْنَ السَّيِّاٰتِ ۚ
حَتّٰىٓ اِذَا حَضَرَ اَحَدَهُمُ الْمَوْتُ قَالَ اِنِّيْ تُبْتُ
الْـٰٔنَ وَلَا الَّذِيْنَ يَمُوْتُوْنَ وَهُمْ كُفَّارٌ ۗ اُولٰٓئِكَ
اَعْتَدْنَا لَهُمْ عَذَابًا اَلِيْمًا ﴿18﴾

يَا أَيُّهَا الَّذِينَ آمَنُوا لَا يَحِلُّ لَكُمْ أَن تَرِثُوا النِّسَاءَ كَرْهًا ۖ وَلَا تَعْضُلُوهُنَّ لِتَذْهَبُوا بِبَعْضِ مَا آتَيْتُمُوهُنَّ إِلَّا أَن يَأْتِينَ بِفَاحِشَةٍ مُّبَيِّنَةٍ ۚ وَعَاشِرُوهُنَّ بِالْمَعْرُوفِ ۚ فَإِن كَرِهْتُمُوهُنَّ فَعَسَىٰ أَن تَكْرَهُوا شَيْئًا وَيَجْعَلَ اللَّهُ فِيهِ خَيْرًا كَثِيرًا ﴿١٩﴾

19. ਹੇ ਈਮਾਨ ਵਾਲਿਓ! ਤੁਹਾਡੇ ਲਈ ਇਹ ਜਾਇਜ਼ ਨਹੀਂ ਕਿ ਤੁਸੀਂ ਜ਼ੋਰ ਜ਼ਬਰਦਸਤੀ (ਵਿਧਵਾ) ਇਸਤਰੀਆਂ ਦੇ ਵਾਰਸ ਬਣ ਬੈਠੋ (ਹੁਣ ਉਹ ਅਜ਼ਾਦ ਹੈ ਜਿੱਥੇ ਚਾਹੇ ਨਿਕਾਹ ਕਰਵਾ ਸਕਦੀ ਹੈ) ਅਤੇ ਨਾ ਹੀ ਉਹਨਾਂ ਨੂੰ ਇਸ ਲਈ (ਤਲਾਕ ਦੇਣ ਮਗਰੋਂ) ਰੋਕ ਕੇ ਰੱਖੋ ਕਿ ਜੋ ਤੁਸੀਂ ਉਹਨਾਂ ਨੂੰ ਮਹਿਰ ਦਿੱਤਾ ਹੋਇਆ ਹੈ ਉਸ ਵਿੱਚੋਂ ਕੁੱਝ ਵਾਪਸ ਲੈ ਲਵੋਂ ਹਾਂ ਜੇ ਉਹ ਕੋਈ ਸਪਸ਼ਟ ਬਦਕਾਰੀ ਤੇ ਬੇ-ਹਿਆਈ ਦੇ ਕੰਮ ਕਰ ਬੈਠਣ ਤਾਂ ਉਹਨਾਂ ਨੂੰ ਰੋਕਣਾ ਜਾਇਜ਼ ਹੈ। ਤੁਸੀਂ ਉਹਨਾਂ (ਆਪਣੀਆਂ ਪਤਨੀਆਂ) ਨਾਲ ਸੁਚੱਜੇ ਢੰਗ ਨਾਲ ਜੀਵਨ ਗੁਜ਼ਾਰੋ ਜੇ ਤੁਸੀਂ ਉਹਨਾਂ ਨੂੰ ਨਾ ਪਸੰਦ ਕਰੋ ਤਾਂ ਹੋ ਸਕਦਾ ਹੈ ਕਿ ਤੁਹਾਨੂੰ ਇਕ ਚੀਜ਼ ਪਸੰਦ ਨਾ ਹੋਵੇ ਪਰ ਅੱਲਾਹ ਨੇ ਉਸੇ ਵਿਚ ਕੋਈ ਭਲਾਈ ਰੱਖ ਛੱਡੀ ਹੋਵੇ।

وَإِنْ أَرَدتُّمُ اسْتِبْدَالَ زَوْجٍ مَّكَانَ زَوْجٍ وَآتَيْتُمْ إِحْدَاهُنَّ قِنطَارًا فَلَا تَأْخُذُوا مِنْهُ شَيْئًا ۚ أَتَأْخُذُونَهُ بُهْتَانًا وَإِثْمًا مُّبِينًا ﴿٢٠﴾

20. ਜੇ ਤੁਸੀਂ ਇਕ ਪਤਨੀ ਦੀ ਥਾਂ ਦੂਜੀ ਪਤਨੀ ਲਿਆਉਣਾ ਚਾਹੁੰਦੇ ਹੋ ਤਾਂ ਭਾਵੇਂ ਤੁਸੀਂ ਉਹਨਾਂ (ਛੱਡਣ ਵਾਲੀਆਂ ਪਤਨੀਆਂ) ਵਿੱਚੋਂ ਕਿਸੇ ਨੂੰ ਖ਼ਜ਼ਾਨਾ ਵੀ ਦੇ ਰੱਖਿਆ ਹੈ ਤਾਂ ਵੀ ਉਸ ਵਿੱਚੋਂ ਕੁੱਝ ਵੀ ਵਾਪਸ ਨਾ ਲਵੋ। ਕੀ ਤੁਸੀਂ ਉਸ 'ਤੇ ਇਲਜ਼ਾਮ ਲਾ ਕੇ ਅਤੇ ਖੁੱਲ੍ਹਾ ਪਾਪ ਕਰਦੇ ਹੋਏ ਵਾਪਸ ਲਵੋਗੇ?

وَكَيْفَ تَأْخُذُونَهُ وَقَدْ أَفْضَىٰ بَعْضُكُمْ إِلَىٰ بَعْضٍ وَأَخَذْنَ مِنكُم مِّيثَاقًا غَلِيظًا ﴿٢١﴾

21. ਤੁਸੀਂ (ਦਿੱਤੇ ਹੋਏ) ਮਹਿਰ ਵਿੱਚੋਂ ਕਿਵੇਂ ਵਾਪਸ ਲਵੋਗੇ ਜਦੋਂ ਕਿ ਤੁਸੀਂ ਇਕ ਦੂਜੇ ਨਾਲ ਸਰੀਰਕ ਮਿਲਣ ਕਰ ਚੁੱਕੇ ਹੋ ਅਤੇ ਉਹ ਔਰਤਾਂ

---

[1] ਇਸ ਤੋਂ ਭਾਵ ਮਹਿਰ ਹੈ, ਇਸ ਵਿਚ ਹਰ ਉਹ ਚੀਜ਼ ਹੈ, ਜਿਹੜੀ ਪਤੀ ਵੱਲੋਂ ਪਤਨੀ ਨੂੰ ਨਿਕਾਹ ਦੇ ਬਦਲੇ ਦਿੱਤੀ ਜਾਂਦੀ ਹੈ (ਸੋਨਾ ਚਾਂਦੀ ਮਾਲ ਦੌਲਤ ਆਦਿ) ਲੋਕਾਂ ਵਿਚ ਆਮ ਕਰਕੇ 32/- ਰੁਪਏ ਸ਼ਰਈ ਮਹਿਰ ਦਾ ਵਿਸ਼ਵਾਸ ਹੈ ਜਦ ਕਿ ਇਹ ਸਭ ਫ਼ਜ਼ੂਲ ਗੱਲਾਂ ਹਨ ਮਹਿਰ ਲੜਕੇ ਦੀ ਵਿੱਤੀ ਯੋਗਤਾ ਅਨੁਸਾਰ ਹੋਣਾ ਚਾਹੀਦਾ ਹੈ, ਨਾ ਦੇਣ ਦੇ ਇਰਾਦੇ ਨਾਲ ਵਧ ਤੋਂ ਵਧ ਮਹਿਰ ਨਿਸ਼ਚਤ ਕਰਨਾ ਠੀਕ ਨਹੀਂ ਅਤੇ ਨਾ ਹੀ ਲੜਕੇ ਦੀ ਵਿੱਤ ਤੋਂ ਥੋੜ ਕੇ ਮਹਿਰ ਹੋਣਾ ਚਾਹੀਦਾ ਹੈ ਅਤੇ ਇਸ ਨੂੰ ਦੇਣਾ ਵੀ ਜ਼ਰੂਰੀ ਹੈ।

ਤੁਹਾਡੇ ਪਿਓ ਪ੍ਰਣ ਲੈ ਚੁੱਕੀਆਂ ਹਨ (ਭਾਵ ਨਿਕਾਹ ਕੀਤਾ ਹੈ)।

22. ਉਹਨਾਂ ਇਸਤਰੀਆਂ ਨਾਲ ਨਿਕਾਹ ਨਾ ਕਰੋ ਜਿਨ੍ਹਾਂ (ਔਰਤਾਂ) ਨਾਲ ਤੁਹਾਡੇ ਪਿਓ ਨਿਕਾਹ ਕਰ ਚੁੱਕੇ ਹਨ ਪਰ ਜੋ ਪਹਿਲਾਂ ਹੋ ਚੁੱਕਾ ਸੋ ਹੋ ਚੁੱਕਾ। ਬੇਸ਼ੱਕ ਇਹ ਇਕ ਅਸ਼ਲੀਲ ਕੰਮ ਹੈ ਅਤੇ ਨਾ ਪਸੰਦੀਦਾ ਤੇ ਭੈੜਾ ਰਿਵਾਜ ਹੈ

وَلَا تَنكِحُوا مَا نَكَحَ آبَاؤُكُم مِّنَ النِّسَاءِ إِلَّا
مَا قَدْ سَلَفَ ۚ إِنَّهُ كَانَ فَاحِشَةً وَمَقْتًا
وَسَاءَ سَبِيلًا 22

23. ਤੁਹਾਡੇ 'ਤੇ ਹਰਾਮ ਕੀਤੀਆਂ ਗਈਆਂ ਹਨ (ਭਾਵ ਜਿਨ੍ਹਾਂ ਨਾਲ ਤੁਸੀਂ ਨਿਕਾਹ ਨਹੀਂ ਕਰ ਸਕਦੇ) ਤੁਹਾਡੀਆਂ (ਸਕੀਆਂ ਤੇ ਮਤੇਰੀਆਂ) ਮਾਵਾਂ, ਤੁਹਾਡੀਆਂ ਧੀਆਂ (ਪੋਤੀ ਤੇ ਦੋਹਤੀ ਸਮੇਤ), ਭੈਣਾਂ (ਸਕੀ ਮਾਂ ਜਾਂ ਬਾਪ ਵੱਲੋਂ), ਭੂਆ, ਮਾਸੀਆਂ, ਭਤੀਜੀਆਂ, ਭਾਣਜੀਆਂ, ਤੁਹਾਡੀਆਂ ਉਹ ਮਾਵਾਂ ਜਿਨ੍ਹਾਂ ਦਾ ਤੁਸੀਂ ਦੁੱਧ ਪੀਤਾ ਹੈ ਅਤੇ ਤੁਹਾਡੀਆਂ ਦੁੱਧ ਵਿਚ ਸਾਂਝੀਵਾਲ ਭੈਣਾਂ, ਤੁਹਾਡੀਆਂ ਸੱਸਾਂ ਅਤੇ ਤੁਹਾਡੀਆਂ ਪਤਨੀਆਂ ਦੀਆਂ ਧੀਆਂ, ਜਿਹੜੀਆਂ ਤੁਹਾਡੀ ਗੋਦੀ ਵਿਚ ਪਲੀਆਂ ਹਨ, ਉਹਨਾਂ ਔਰਤਾਂ ਦੀਆਂ ਧੀਆਂ ਜਿਨ੍ਹਾਂ ਨਾਲ ਤੁਸੀਂ (ਪਤੀ ਪਤਨੀ ਵਾਲਾ) ਮੇਲ ਮਿਲਾਪ ਕਰ ਚੁੱਕੇ ਹੋ, ਪਰ ਜੇ ਤੁਸੀਂ ਉਹਨਾਂ ਨਾਲ ਪਤੀ ਪਤਨੀ ਵਾਂਗ ਮਿਲਾਪ ਨਹੀਂ ਸੀ ਕੀਤਾ (ਕੇਵਲ ਨਿਕਾਹ ਹੀ ਹੋਇਆ ਹੈ) ਤਾਂ ਫੇਰ ਤੁਹਾਡੇ 'ਤੇ ਕੋਈ ਦੋਸ਼ ਨਹੀਂ ਤੁਹਾਡੇ ਲਈ ਜਾਇਜ਼ ਹੈ (ਤੁਸੀਂ ਨਿਕਾਹ ਕਰ ਸਕਦੇ ਹੋ) ਅਤੇ ਤੁਹਾਡੇ ਵੀਰਜ ਤੋਂ ਪੈਦਾ ਹੋਏ ਪੁੱਤਰਾਂ ਦੀਆਂ ਪਤਨੀਆਂ ਅਤੇ ਦੋ ਸਕੀਆਂ ਭੈਣਾਂ ਨੂੰ ਇਕੋ ਵੇਲੇ ਇਕੱਠਾ ਰੱਖਣਾ (ਵੀ ਹਰਾਮ ਹੈ) ਹਾਂ ਜੋ ਵੀ (ਇਹਨਾਂ ਹੁਕਮਾਂ ਤੋਂ) ਪਹਿਲਾਂ ਹੋ ਚੁੱਕਿਆ ਸੋ ਹੋ ਚੁੱਕਿਆ। ਅੱਲਾਹ ਬਖ਼ਸ਼ਣਹਾਰ ਤੇ ਰਹਿਮ ਫ਼ਰਮਾਉਣ ਵਾਲਾ ਹੈ।

حُرِّمَتْ عَلَيْكُمْ أُمَّهَاتُكُمْ وَبَنَاتُكُمْ وَأَخَوَاتُكُمْ
وَعَمَّاتُكُمْ وَخَالَاتُكُمْ وَبَنَاتُ الْأَخِ وَبَنَاتُ الْأُخْتِ
وَأُمَّهَاتُكُمُ اللَّاتِي أَرْضَعْنَكُمْ وَأَخَوَاتُكُم مِّنَ
الرَّضَاعَةِ وَأُمَّهَاتُ نِسَائِكُمْ وَرَبَائِبُكُمُ اللَّاتِي فِي
حُجُورِكُم مِّن نِّسَائِكُمُ اللَّاتِي دَخَلْتُم بِهِنَّ
فَإِن لَّمْ تَكُونُوا دَخَلْتُم بِهِنَّ فَلَا جُنَاحَ عَلَيْكُمْ
وَحَلَائِلُ أَبْنَائِكُمُ الَّذِينَ مِنْ أَصْلَابِكُمْ وَأَن
تَجْمَعُوا بَيْنَ الْأُخْتَيْنِ إِلَّا مَا قَدْ سَلَفَ ۗ
إِنَّ اللَّهَ كَانَ غَفُورًا رَّحِيمًا 23

وَّالْمُحْصَنٰتُ مِنَ النِّسَآءِ اِلَّا مَا مَلَكَتْ
اَيْمَانُكُمْ ۚ كِتٰبَ اللّٰهِ عَلَيْكُمْ ۚ وَاُحِلَّ لَكُمْ مَّا
وَرَآءَ ذٰلِكُمْ اَنْ تَبْتَغُوْا بِاَمْوَالِكُمْ مُّحْصِنِيْنَ
غَيْرَ مُسٰفِحِيْنَ ۗ فَمَا اسْتَمْتَعْتُمْ بِهٖ مِنْهُنَّ
فَاٰتُوْهُنَّ اُجُوْرَهُنَّ فَرِيْضَةً ۗ وَلَا جُنَاحَ عَلَيْكُمْ
فِيْمَا تَرٰضَيْتُمْ بِهٖ مِنْۢ بَعْدِ الْفَرِيْضَةِ ۗ اِنَّ
اللّٰهَ كَانَ عَلِيْمًا حَكِيْمًا ﴿۲۴﴾

24. ਤੁਹਾਡੇ ਲਈ ਵਿਵਾਹਿਤ ਔਰਤਾਂ ਵੀ ਹਰਾਮ ਹਨ ਪ੍ਰੰਤੂ ਜਿਹੜੀਆਂ ਔਰਤਾਂ ਜੰਗ ਵਿਚ ਤੁਹਾਡੇ ਕਬਜ਼ੇ ਵਿਚ ਆ ਜਾਣ ਉਹ ਜਾਇਜ਼ ਹਨ। ਅੱਲਾਹ ਨੇ ਇਹਨਾਂ ਹਿਦਾਇਤਾਂ ਨੂੰ ਤੁਹਾਡੇ ਲਈ ਲਿੱਖ ਛੱਡਿਆ ਹੈ। ਇਹਨਾਂ ਇਸਤਰੀਆਂ ਤੋਂ ਛੁੱਟ ਬਾਕੀ ਸਾਰੀਆਂ ਔਰਤਾਂ ਤੁਹਾਡੇ ਲਈ ਹਲਾਲ (ਜਾਇਜ਼) ਹਨ। ਤੁਸੀਂ ਆਪਣੇ ਮਾਲ (ਮਹਿਰ) ਦੇ ਕੇ ਉਹਨਾਂ ਨਾਲ ਨਿਕਾਹ ਕਰ ਸਕਦੇ ਹੋ। ਤੁਹਾਡਾ ਇਰਾਦਾ ਬਦਕਾਰੀ ਲਈ ਨਹੀਂ ਹੋਣਾ ਚਾਹੀਦਾ। ਇਸ ਲਈ ਜਿਨ੍ਹਾਂ ਨਾਲ ਤੁਸੀਂ ਨਿਕਾਹ ਕਰੋ ਉਹਨਾਂ ਨੂੰ ਉਹਨਾਂ ਦਾ ਨਿਯਤ ਕੀਤਾ ਹੋਇਆ ਮਹਿਰ ਅਦਾ ਕਰੋ। ਮਹਿਰ ਨਿਯਤ ਹੋਣ ਤੋਂ ਮਗਰੋਂ ਜੇਕਰ ਆਪਸੀ ਰਜ਼ਾਮੰਦੀ ਨਾਲ ਇਸ ਵਿਚ (ਘੱਟ ਜਾਂ ਵੱਧ) ਨਿਯਤ ਕਰ ਲਵੋ ਤਾਂ ਤੁਹਾਡੇ 'ਤੇ ਕੋਈ ਦੋਸ਼ ਨਹੀਂ। ਬੇਸ਼ੱਕ ਅੱਲਾਹ ਜਾਣਨ ਵਾਲਾ, ਸਿਆਣਾ ਤੇ ਦਾਨਾ ਹੈ।

وَمَنْ لَّمْ يَسْتَطِعْ مِنْكُمْ طَوْلًا اَنْ يَّنْكِحَ الْمُحْصَنٰتِ
الْمُؤْمِنٰتِ فَمِنْ مَّا مَلَكَتْ اَيْمَانُكُمْ مِّنْ فَتَيٰتِكُمُ
الْمُؤْمِنٰتِ ۗ وَاللّٰهُ اَعْلَمُ بِاِيْمَانِكُمْ ۗ بَعْضُكُمْ مِّنْۢ
بَعْضٍ ۚ فَانْكِحُوْهُنَّ بِاِذْنِ اَهْلِهِنَّ وَاٰتُوْهُنَّ
اُجُوْرَهُنَّ بِالْمَعْرُوْفِ مُحْصَنٰتٍ غَيْرَ مُسٰفِحٰتٍ
وَّلَا مُتَّخِذٰتِ اَخْدَانٍ ۚ فَاِذَآ اُحْصِنَّ فَاِنْ اَتَيْنَ
بِفَاحِشَةٍ فَعَلَيْهِنَّ نِصْفُ مَا عَلَى الْمُحْصَنٰتِ
مِنَ الْعَذَابِ ۗ ذٰلِكَ لِمَنْ خَشِيَ الْعَنَتَ مِنْكُمْ ۗ
وَاَنْ تَصْبِرُوْا خَيْرٌ لَّكُمْ ۗ وَاللّٰهُ غَفُوْرٌ رَّحِيْمٌ

25 ਜੇ ਤੁਹਾਡੇ ਵਿੱਚੋਂ ਕੋਈ ਵਿਅਕਤੀ ਆਜ਼ਾਦ ਮੁਸਲਮਾਨ ਇਸਤਰੀ ਨਾਲ ਨਿਕਾਹ ਕਰਨ ਦੀ ਸਮਰਥਾ ਨਾ ਰੱਖਦਾ ਹੋਵੇ ਤਾਂ ਉਹ ਮੁਸਲਮਾਨ ਬਾਂਦੀਆਂ ਨਾਲ, ਜਿਨ੍ਹਾਂ ਦੇ ਤੁਸੀਂ ਆਪ ਮਾਲਿਕ ਹੋ, ਨਿਕਾਹ ਕਰ ਸਕਦਾ ਹੈ। ਅੱਲਾਹ ਤੁਹਾਡੇ ਈਮਾਨ ਦੀ ਹਾਲਤ ਨੂੰ ਭਲੀ-ਭਾਂਤ ਜਾਣਦਾ ਹੈ। ਤੁਸੀਂ ਸਾਰੇ ਇਕ (ਆਦਮ ਦੀ ਔਲਾਦ) ਹੋ, ਇਸ ਲਈ ਬਾਂਦੀਆਂ ਦੇ ਮਾਲਿਕਾਂ ਤੋਂ ਇਜਾਜ਼ਤ ਲੈ ਕੇ ਉਹਨਾਂ ਨਾਲ ਨਿਕਾਹ ਕਰ ਲਵੋ ਅਤੇ ਰਵਾਜ ਅਨੁਸਾਰ ਉਹਨਾਂ (ਬਾਂਦੀਆਂ) ਦੇ ਮਹਿਰ ਉਹਨਾਂ ਨੂੰ ਦੇਵੋ। ਉਹ (ਬਾਂਦੀਆਂ) ਨੇਕ ਤੇ ਭਲੀਆਂ ਹੋਣ

ਬਦਕਾਰੀ ਕਰਨ ਵਾਲੀਆਂ ਨਾ ਹੋਣ ਅਤੇ ਨਾ ਹੀ ਚੋਰੀ ਛੁਪੇ ਯਾਰੀਆਂ ਲਾਉਣ, ਜਦੋਂ ਉਹ ਬਾਂਦੀਆਂ (ਤੁਹਾਡੇ) ਨਿਕਾਹ ਵਿਚ ਆ ਜਾਣ ਜੇ ਫੇਰ ਵੀ ਉਹ ਬਦਕਾਰੀ ਕਰਨ ਤਾਂ ਉਹਨਾਂ ਦੀ ਸਜ਼ਾ ਆਜ਼ਾਦ ਇਸਤਰੀਆਂ ਦੀ ਸਜ਼ਾ ਤੋਂ ਅੱਧੀ (ਭਾਵ 50 ਕੋੜੇ) ਹੋਵੇਗੀ।[1] ਬਾਂਦੀਆਂ (ਗੋਲੀਆਂ) ਨਾਲ ਨਿਕਾਹ ਕਰਨ ਦੀ ਇਜਾਜ਼ਤ ਤੁਹਾਡੇ ਵਿੱਚੋਂ ਕੇਵਲ ਉਹਨਾਂ ਲੋਕਾਂ ਨੂੰ ਹੀ ਹੈ ਜਿਨ੍ਹਾਂ ਨੂੰ ਗੁਨਾਹ ਭਰੀ ਰਾਹ ਤੁਰ ਪੈਣ ਦਾ ਡਰ ਹੈ। ਜੇ ਤੁਸੀਂ ਸਬਰ ਕਰ ਸਕੋ ਤਾਂ ਇਹ ਤੁਹਾਡੇ ਲਈ ਵਧੇਰੇ ਚੰਗਾ ਹੈ ਅਤੇ ਅੱਲਾਹ ਬੜਾ ਹੀ ਬਖ਼ਸ਼ਣਹਾਰ ਤੇ ਰਹਿਮਤਾਂ ਵਾਲਾ ਹੈ।

26. ਅੱਲਾਹ ਇਹ ਚਾਹੁੰਦਾ ਹੈ ਕਿ ਸਾਰੇ ਹੁਕਮਾਂ ਨੂੰ ਵਿਸਥਾਰ ਨਾਲ ਬਿਆਨ ਕਰੇ ਅਤੇ ਤੁਹਾਨੂੰ ਤੁਹਾਥੋਂ ਪਹਿਲਾਂ ਦੇ ਨੇਕ ਲੋਕਾਂ ਦੀ ਰਾਹ 'ਤੇ ਚਲਾਵੇ, ਉਹ ਤੁਹਾਡੇ ਵੱਲ ਧਿਆਨ ਦੇਣਾ ਚਾਹੁੰਦਾ ਹੈ। ਅੱਲਾਹ ਜਾਣਨਹਾਰ ਤੇ ਸਿਆਣਾ ਹੈ।

يُرِيدُ اللَّهُ لِيُبَيِّنَ لَكُمْ وَيَهْدِيَكُمْ سُنَنَ الَّذِينَ مِن قَبْلِكُمْ وَيَتُوبَ عَلَيْكُمْ ۗ وَاللَّهُ عَلِيمٌ حَكِيمٌ ﴿٢٦﴾

27. ਅੱਲਾਹ ਚਾਹੁੰਦਾ ਹੈ ਕਿ ਤੁਹਾਡੀ ਤੌਬਾ ਨੂੰ ਕਬੂਲ ਕਰੇ, ਪ੍ਰੰਤੂ ਜਿਹੜੇ ਲੋਕੀ ਆਪਣੀਆਂ ਇੱਛਾਵਾਂ ਦੇ ਪਿੱਛੇ ਲੱਗੇ ਹੋਏ ਹਨ ਉਹ ਚਾਹੁੰਦੇ ਹਨ ਕਿ ਤੁਸੀਂ ਹੱਕ ਤੋਂ ਦੂਰ ਹੋ ਜਾਓ।

وَاللَّهُ يُرِيدُ أَن يَتُوبَ عَلَيْكُمْ وَيُرِيدُ الَّذِينَ يَتَّبِعُونَ الشَّهَوَاتِ أَن تَمِيلُوا مَيْلًا عَظِيمًا ﴿٢٧﴾

28. ਅੱਲਾਹ ਤੁਹਾਡੇ (ਗੁਨਾਹਾਂ ਦੇ) ਭਾਰ ਨੂੰ (ਮੁਆਫ਼ੀ ਦੇ ਕੇ) ਹਲਕਾ ਕਰਨਾ ਚਾਹੁੰਦਾ ਹੈ। ਮਨੁੱਖ ਨੂੰ ਬਹੁਤ ਹੀ ਕਮਜ਼ੋਰ ਪੈਦਾ ਕੀਤਾ ਗਿਆ ਹੈ।

يُرِيدُ اللَّهُ أَن يُخَفِّفَ عَنكُمْ ۚ وَخُلِقَ الْإِنسَانُ ضَعِيفًا ﴿٢٨﴾

---

[1] ਗ਼ੁਲਾਮ ਮਰਦ ਜਾਂ ਔਰਤ ਭਾਵੇਂ ਉਹ ਵਿਵਾਹਿਤ ਹਨ ਜਾਂ ਨਹੀਂ ਜੇ ਉਹਨਾਂ ਵਿੱਚੋਂ ਕੋਈ ਜ਼ਨਾਂ ਕਰੇਗਾ ਤਾਂ ਉਹਨਾਂ ਨੂੰ ਪੰਜਾਹ ਕੋੜਿਆਂ ਦੀ ਸਜ਼ਾ ਦਿੱਤੀ ਜਾਵੇਗੀ ਅਤੇ ਉਹਨਾਂ ਲਈ ਰਜਮ (ਪੱਥਰ ਮਾਰਨ) ਦੀ ਸਜ਼ਾ ਲਾਗੂ ਨਹੀਂ ਹੋਵੇਗੀ।

يَا أَيُّهَا الَّذِينَ آمَنُوا لَا تَأْكُلُوا أَمْوَالَكُمْ بَيْنَكُمْ بِالْبَاطِلِ إِلَّا أَنْ تَكُونَ تِجَارَةً عَنْ تَرَاضٍ مِنْكُمْ ۚ وَلَا تَقْتُلُوا أَنْفُسَكُمْ ۚ إِنَّ اللَّهَ كَانَ بِكُمْ رَحِيمًا ﴿٢٩﴾

29. ਹੇ ਈਮਾਨ ਵਾਲਿਓ, ਤੁਸੀਂ ਇਕ ਦੂਜੇ ਦਾ ਮਾਲ ਨਾ-ਜਾਇਜ਼ ਢੰਗ ਨਾਲ ਨਾ ਖਾਓ, ਸਗੋਂ ਆਪਸੀ ਰਜ਼ਾਮੰਦੀ ਨਾਲ ਲੈਣ-ਦੇਣ ਕਰੋ ਅਤੇ ਅਨ-ਹੱਕਾ ਆਪਣੇ ਆਪ ਨੂੰ ਕਤਲ (ਆਤਮਾ ਹੱਤਿਆ) ਨਾ ਕਰੋ,[1] ਬੇਸ਼ੱਕ ਅੱਲਾਹ ਤੁਹਾਡੇ 'ਤੇ ਬਹੁਤ ਮਿਹਰਬਾਨ ਹੈ।

وَمَنْ يَفْعَلْ ذَٰلِكَ عُدْوَانًا وَظُلْمًا فَسَوْفَ نُصْلِيهِ نَارًا ۚ وَكَانَ ذَٰلِكَ عَلَى اللَّهِ يَسِيرًا ﴿٣٠﴾

30. ਜਿਹੜਾ ਵਿਅਕਤੀ ਧੱਕੇ ਨਾਲ ਤੇ ਜ਼ੁਲਮ ਰਾਹੀਂ ਅਜਿਹੇ (ਨਾ-ਫ਼ਰਮਾਨੀ ਵਾਲੇ) ਕੰਮ ਕਰੇਗਾ ਅਸੀਂ ਉਸ ਨੂੰ ਛੇਤੀ ਹੀ ਨਰਕ ਦੀ ਅੱਗ ਵਿਚ ਸੁੱਟ ਦੇਵਾਂਗੇ ਅਤੇ ਇੰਜ ਕਰਨਾ ਅੱਲਾਹ ਲਈ ਬਹੁਤ ਹੀ ਸੌਖਾ ਹੈ।

إِنْ تَجْتَنِبُوا كَبَائِرَ مَا تُنْهَوْنَ عَنْهُ نُكَفِّرْ عَنْكُمْ سَيِّئَاتِكُمْ وَنُدْخِلْكُمْ مُدْخَلًا كَرِيمًا ﴿٣١﴾

31. ਜੇਕਰ ਤੁਸੀਂ ਉਹਨਾਂ ਵੱਡੇ ਗੁਨਾਹਾਂ ਤੋਂ ਬਚਦੇ ਰਹੋਗੇ ਜਿਨ੍ਹਾਂ ਤੋਂ ਤੁਹਾਨੂੰ ਰੋਕਿਆ ਗਿਆ ਹੈ ਤਾਂ ਅਸੀਂ ਤੁਹਾਡੇ ਛੋਟੇ ਛੋਟੇ ਗੁਨਾਹਾਂ ਨੂੰ ਤੁਹਾਥੋਂ ਦੂਰ ਕਰ ਦੇਵਾਂਗੇ[2] ਅਤੇ ਤੁਹਾਨੂੰ ਇੱਜ਼ਤ ਮਾਨ ਵਾਲੀ ਥਾਂ (ਸਵਰਗ) ਵਿਚ ਦਾਖ਼ਲ ਕਰਾਂਗੇ।

---

[1] ਆਤਮ ਹੱਤਿਆ ਦੀ ਹਦੀਸ ਅਨੁਸਾਰ ਕਰੜੀ ਸਜ਼ਾ ਹੈ। ਜਿਸ ਵਿਅਕਤੀ ਨੇ ਇਸਲਾਮ ਤੋਂ ਛੁੱਟ ਕਿਸੇ ਹੋਰ ਧਰਮ ਦੀ ਜਾਣ ਬੁਝ ਕੇ ਝੂਠੀ ਕਸਮ ਖਾਧੀ ਤਾਂ ਉਹ ਅਜਿਹਾ ਹੈ ਜਿਵੇਂ ਉਹ ਕਹਿੰਦਾ ਹੈ ਜੇ ਉਸ ਨੇ ਕਿਹਾ ਕਿ ਜੇ ਉਹ ਗੱਲ ਇੰਜ ਨਾ ਹੋਵੇ ਤਾਂ ਮੈਂ ਯਹੂਦੀ ਹਾਂ ਤਾਂ ਉਹ ਹਕੀਕਤ ਵਿਚ ਯਹੂਦੀ ਹੀ ਹੈ ਜੇ ਉਹ ਆਪਣੀ ਗੱਲ ਵਿਚ ਝੂਠਾ ਹੈ ਅਤੇ ਜਿਸ ਵਿਅਕਤੀ ਨੇ ਆਪਣੇ ਆਪ ਨੂੰ ਤੇਜ਼ ਹਥਿਆਰ ਨਾਲ ਮਾਰ ਲਿਆ ਤਾਂ ਉਸੇ ਹਥਿਆਰ ਨਾਲ ਨਰਕ ਵਿਚ ਅਜ਼ਾਬ ਹੁੰਦਾ ਰਹੇਗਾ। ਨਬੀ ਕਰੀਮ ਸ: ਦਾ ਫ਼ਰਮਾਨ ਹੈ ਇਕ ਵਿਅਕਤੀ ਜ਼ਖ਼ਮੀ ਹੋ ਗਿਆ ਉਸ ਨੇ ਤੰਗ ਆ ਕੇ ਆਤਮ ਹੱਤਿਆ ਕਰ ਲਈ ਤਾਂ ਅੱਲਾਹ ਨੇ ਫ਼ਰਮਾਇਆ ਕਿ ਮੇਰੇ ਬੰਦੇ ਨੇ ਮਰਨ ਵਿਚ ਛੇਤੀ ਕੀਤੀ ਭਾਵ ਉਹ ਸਬਰ ਨਹੀਂ ਕਰ ਸਕਿਆ ਕਿ ਮੈਂ ਉਸ ਦੀ ਜਾਨ ਕੱਢਦਾ ਅਤੇ ਉਸ ਦੀ ਮੌਤ ਹੁੰਦੀ ਸਗੋਂ ਉਸ ਨੇ ਖ਼ੁਦਕੁਸ਼ੀ (ਆਤਮ ਹੱਤਿਆ) ਕਰ ਲਈ ਮੈਂ ਉਸ ਲਈ ਜੰਨਤ ਨੂੰ ਹਰਾਮ ਕਰ ਦਿੱਤਾ ਹੈ। (ਸਹੀ ਬੁਖ਼ਾਰੀ, ਹਦੀਸ: 1363-1364)

• ਆਪ ਸ: ਨੇ ਫ਼ਰਮਾਇਆ ਕਿ ਜੋ ਵਿਅਕਤੀ ਆਪਣਾ ਗਲਾ ਘੁੱਟ ਕੇ ਆਪਣੇ ਆਪ ਨੂੰ ਮਾਰਦਾ ਹੈ ਉਹ ਸਦਾ ਲਈ ਨਰਕ ਵਿਚ ਆਪਣਾ ਗਲਾ ਘੁੱਟਦਾ ਰਹੇਗਾ ਅਤੇ ਜਿਹੜਾ ਕੋਈ ਆਪਣੇ ਆਪ ਨੂੰ ਕਿਸੇ ਹਥਿਆਰ ਦੀਆਂ ਸੱਟਾਂ ਨਾਲ ਕਤਲ ਕਰੇਗਾ, ਉਹ ਨਰਕ ਵਿਚ ਆਪਣੇ ਆਪ ਨੂੰ ਸਦਾ ਸੱਟਾਂ ਮਾਰਦਾ ਰਹੇਗਾ। (ਸਹੀ ਬੁਖ਼ਾਰੀ, ਹਦੀਸ: 1365)

[2] ਇਸ ਆਇਤ ਵਿਚ ਗੁਨਾਹੇ ਕਬੀਰਾ (ਮਹਾਂ ਪਾਪ) ਤੋਂ ਬਚਣ ਦੀ ਹਿਦਾਇਤ ਕੀਤੀ ਗਈ ਹੈ। ਵੇਖੋ ਸੂਰਤ ਆਲੇ ਇਮਰਾਨ, ਹਾਸ਼ੀਆ ਆਇਤ 130/3

وَلَا تَتَمَنَّوْا مَا فَضَّلَ اللّٰهُ بِهٖ بَعْضَكُمْ عَلٰى بَعْضٍ ؕ لِلرِّجَالِ نَصِيْبٌ مِّمَّا اكْتَسَبُوْا ؕ وَلِلنِّسَآءِ نَصِيْبٌ مِّمَّا اكْتَسَبْنَ ؕ وَسْـَٔلُوا اللّٰهَ مِنْ فَضْلِهٖ ؕ اِنَّ اللّٰهَ كَانَ بِكُلِّ شَيْءٍ عَلِيْمًا ﴿۳۲﴾

32. ਤੁਸੀਂ ਉਹਨਾਂ ਚੀਜ਼ਾਂ ਦੀ ਕਾਮਨਾ ਨਾ ਕਰੋ ਜਿਨ੍ਹਾਂ ਕਾਰਨ ਅੱਲਾਹ ਨੇ ਤੁਹਾਡੇ ਵਿੱਚੋਂ ਕਿਸੇ ਨੂੰ ਕਿਸੇ ਦੇ ਮੁਕਾਬਲੇ ਵਿਚ ਵਧੇਰੇ ਦਿੱਤਾ ਹੋਇਆ ਹੈ। ਜੋ ਪੁਰਸ਼ਾਂ ਨੇ ਕਮਾਇਆ ਹੈ ਉਸ ਕਮਾਈ ਵਿਚ ਉਹਨਾਂ ਦਾ ਹਿੱਸਾ ਹੈ (ਭਾਵ ਉਹੀ ਹੱਕਦਾਰ ਹਨ) ਅਤੇ ਔਰਤਾਂ ਦਾ ਹੱਕ ਉਸ ਕਮਾਈ ਵਿਚ ਹੈ ਜੋ ਉਹਨਾਂ ਨੇ ਕਮਾਇਆ ਹੈ। ਤੁਸੀਂ ਅੱਲਾਹ ਤੋਂ ਹੀ ਉਸ ਦੇ ਫ਼ਜ਼ਲਾਂ ਲਈ ਦੁਆਵਾਂ ਮੰਗਦੇ ਰਹੋ। ਬੇਸ਼ੱਕ ਅੱਲਾਹ ਹਰ (ਵਿਅਕਤੀ ਦੀ ਲੋੜ ਦੀਆਂ) ਚੀਜ਼ਾਂ ਨੂੰ ਜਾਣਨ ਵਾਲਾ ਹੈ।

وَلِكُلٍّ جَعَلْنَا مَوَالِيَ مِمَّا تَرَكَ الْوَالِدٰنِ وَالْاَقْرَبُوْنَ ؕ وَالَّذِيْنَ عَقَدَتْ اَيْمَانُكُمْ فَاٰتُوْهُمْ نَصِيْبَهُمْ ؕ اِنَّ اللّٰهَ كَانَ عَلٰى كُلِّ شَيْءٍ شَهِيْدًا ﴿۳۳﴾

33. ਮਾਤਾ ਪਿਤਾ ਜਾਂ ਨੇੜਲੇ ਰਿਸ਼ਤੇਦਾਰ ਜੋ ਵੀ ਮਾਲ ਛੱਡ ਜਾਣ ਉਸ ਵਿਰਸੇ ਵਿਚ ਅਸੀਂ (ਅੱਲਾਹ ਨੇ ਰਿਸ਼ਤੇ ਅਨੁਸਾਰ) ਹਰੇਕ ਨੂੰ ਵਾਰਸ ਬਣਾਇਆ ਹੈ। ਜਿਨ੍ਹਾਂ ਨਾਲ ਤੁਸੀਂ ਇਕਰਾਰ ਕੀਤਾ ਹੋਇਆ ਹੈ, ਉਹਨਾਂ ਨੂੰ ਉਹਨਾਂ ਦਾ ਹਿੱਸਾ ਦਿਓ ਬੇਸ਼ੱਕ ਅੱਲਾਹ ਹਰ ਗੱਲ ਦਾ ਗਵਾਹ ਹੈ।

اَلرِّجَالُ قَوّٰمُوْنَ عَلَى النِّسَآءِ بِمَا فَضَّلَ اللّٰهُ بَعْضَهُمْ عَلٰى بَعْضٍ وَّبِمَآ اَنْفَقُوْا مِنْ اَمْوَالِهِمْ ؕ فَالصّٰلِحٰتُ قٰنِتٰتٌ حٰفِظٰتٌ لِّلْغَيْبِ بِمَا حَفِظَ اللّٰهُ ؕ وَالّٰتِيْ تَخَافُوْنَ نُشُوْزَهُنَّ فَعِظُوْهُنَّ وَاهْجُرُوْهُنَّ فِي الْمَضَاجِعِ وَاضْرِبُوْهُنَّ ۚ فَاِنْ اَطَعْنَكُمْ فَلَا تَبْغُوْا عَلَيْهِنَّ سَبِيْلًا ؕ اِنَّ اللّٰهَ كَانَ عَلِيًّا كَبِيْرًا ﴿۳۴﴾

34. ਮਰਦਾਂ ਨੂੰ ਔਰਤਾਂ 'ਤੇ ਹੁਕਮ ਚਲਾਉਣ ਦਾ ਇਸ ਲਈ ਅਧੀਕਾਰ ਹੈ ਕਿ ਅੱਲਾਹ ਨੇ ਉਹਨਾਂ ਵਿੱਚੋਂ ਇਕ ਨੂੰ ਦੂਜੇ ਦੇ ਮੁਕਾਬਲੇ ਅੱਗੇ ਰੱਖਿਆ ਹੈ। ਉਹ ਇਸ ਲਈ ਕਿ ਉਹ (ਮਰਦ) ਆਪਣੇ ਮਾਲ ਵਿੱਚੋਂ ਉਹਨਾਂ 'ਤੇ ਖ਼ਰਚ ਕਰਦੇ ਹਨ। ਜੋ ਪਤਨੀਆਂ ਨੇਕ ਤੇ ਆਗਿਆਕਾਰੀ ਹੁੰਦੀਆਂ ਹਨ ਉਹ ਆਪਣੇ ਪਤੀ ਦੇ ਪਿੱਠ ਪਿੱਛੇ ਅੱਲਾਹ ਦੀ ਨਿਗਰਾਨੀ ਹੇਠ ਉਹਨਾਂ ਦੀ (ਹਰ ਪੱਖੋਂ) ਰਾਖੀ ਕਰਦੀਆਂ ਹਨ। ਅਤੇ ਜਿਨ੍ਹਾਂ ਪਤਨੀਆਂ ਦੀ ਨਾ ਫ਼ਰਮਾਨੀ ਜਾਂ ਸਰਕਸ਼ੀ ਦਾ ਤੁਹਾਨੂੰ ਡਰ ਹੋਵੇ ਤੁਸੀਂ ਉਹਨਾਂ ਨੂੰ ਸਮਝਾਓ (ਜੇ ਨਾ ਸਮਝਣ ਤਾਂ) ਉਹਨਾਂ ਦਾ ਪੈਣਾ ਸੌਣਾ ਵੱਖ ਕਰ ਦਿਓ (ਜੇ ਫੇਰ ਵੀ ਨਾ

ਸਮਝਣ) ਉਹਨਾਂ ਨੂੰ ਹਲਕੀ ਸਜ਼ਾ ਦੇਵੋ। (ਪਰ ਮੂੰਹ 'ਤੇ ਨਾ ਮਾਰੋ) ਜੇ ਉਹ ਆਗਿਆਕਾਰੀ ਬਣ ਜਾਣ ਤਾਂ ਉਹਨਾਂ ਨੂੰ ਤੰਗ ਕਰਨ ਦੇ ਬਹਾਨੇ ਨਾ ਲੱਭੋ। ਬੇਸ਼ੱਕ ਅੱਲਾਹ ਵੱਡੀ ਵਡਿਆਈ ਵਾਲਾ ਤੇ ਸਰਵ-ਉੱਚ ਹੈ।

35. ਜੇਕਰ ਤੁਹਾਨੂੰ (ਰਿਸ਼ਤੇਦਾਰਾਂ ਨੂੰ) ਪਤੀ ਪਤਨੀ ਦੇ ਆਪਸੀ ਸੰਬੰਧਾਂ ਵਿਚ ਕਿਸੇ ਅਣਬਣ ਹੋਣ ਦਾ ਡਰ ਹੋਵੇ ਤਾਂ ਇਕ ਮੁਨਸਿਫ਼ (ਪੰਚ) ਪਤੀ ਵੱਲੋਂ ਤੇ ਇਕ ਮੁਨਸਿਫ਼ ਪਤਨੀ ਦੇ ਰਿਸ਼ਤੇਦਾਰਾਂ ਵੱਲੋਂ ਨਿਯਤ ਕਰੋ, ਜੇ ਉਹ ਦੋਵੇਂ ਸੁਲਾਹ ਕਰਵਾਉਣਾ ਚਾਹੁੰਦੇ ਹਨ ਤਾਂ ਅੱਲਾਹ ਦੋਵਾਂ (ਪਤੀ-ਪਤਨੀ) ਦਾ ਮਿਲਾਪ ਕਰਾ ਦੇਵੇਗਾ। ਬੇਸ਼ੱਕ ਅੱਲਾਹ (ਹਰ ਪ੍ਰਕਾਰ ਦਾ) ਗਿਆਨ ਰੱਖਣ ਵਾਲਾ ਤੇ (ਹਾਲਾਤ ਤੋਂ) ਬਾ-ਖ਼ਬਰ ਹੈ।

وَإِنْ خِفْتُمْ شِقَاقَ بَيْنِهِمَا فَابْعَثُوا حَكَمًا
مِّنْ أَهْلِهِ وَحَكَمًا مِّنْ أَهْلِهَا ۚ إِن يُرِيدَا
إِصْلَاحًا يُوَفِّقِ اللَّهُ بَيْنَهُمَا ۗ إِنَّ اللَّهَ كَانَ
عَلِيمًا خَبِيرًا ٣٥

36. ਤੁਸੀਂ ਸਾਰੇ ਅੱਲਾਹ ਦੀ ਇਬਾਦਤ ਕਰੋ ਅਤੇ ਉਸ ਦੇ ਨਾਲ ਕਿਸੇ ਹੋਰ ਨੂੰ ਸ਼ਰੀਕ ਨਾ ਬਣਾਓ, ਮਾਂ ਬਾਪ ਨਾਲ ਨੇਕੀ ਵਾਲਾ ਵਰਤਾਓ ਕਰੋ, ਰਿਸ਼ਤੇਦਾਰਾਂ, ਯਤੀਮਾਂ, ਮੁਥਾਜਾਂ, ਨੇੜੇ ਦੇ ਸਾਥੀ (ਦੋਸਤਾਂ), ਗੁਆਂਢੀ ਅਤੇ ਓਪਰੇ ਗੁਵਾਂਢੀ, ਨੇੜੇ ਦੇ ਸਾਥੀ, ਰਾਹੀ-ਮੁਸਾਫ਼ਰ ਅਤੇ ਜਿਹੜੇ ਤੁਹਾਡੇ ਗ਼ੁਲਾਮ ਤੇ ਬਾਂਦੀਆਂ (ਅਤੇ ਘਰੇਲੂ ਨੌਕਰ) ਹਨ ਉਹਨਾਂ ਸਭ ਨਾਲ ਨੇਕੀ ਕਰੋ। ਬੇਸ਼ੱਕ ਅੱਲਾਹ ਸ਼ੇਖ਼ੀ ਖੋਰ ਅਤੇ ਘਮੰਡੀ ਨੂੰ ਪਸੰਦ ਨਹੀਂ ਕਰਦਾ।

وَاعْبُدُوا اللَّهَ وَلَا تُشْرِكُوا بِهِ شَيْئًا ۖ وَبِالْوَالِدَيْنِ
إِحْسَانًا وَبِذِي الْقُرْبَىٰ وَالْيَتَامَىٰ وَالْمَسَاكِينِ
وَالْجَارِ ذِي الْقُرْبَىٰ وَالْجَارِ الْجُنُبِ وَالصَّاحِبِ
بِالْجَنبِ وَابْنِ السَّبِيلِ وَمَا مَلَكَتْ أَيْمَانُكُمْ ۗ
إِنَّ اللَّهَ لَا يُحِبُّ مَن كَانَ مُخْتَالًا فَخُورًا ٣٦

37. ਉਹ ਲੋਕ ਵੀ ਅੱਲਾਹ ਨੂੰ ਨਹੀਂ ਭਾਉਂਦੇ ਜਿਹੜੇ ਲੋਕ ਆਪ ਵੀ ਕੰਜੂਸੀ ਕਰਦੇ ਹਨ ਤੇ ਦੂਜਿਆਂ ਨੂੰ ਵੀ ਕੰਜੂਸੀ ਕਰਨ ਲਈ ਆਖਦੇ ਹਨ, ਜੋ ਕੁੱਝ ਅੱਲਾਹ ਨੇ ਉਹਨਾਂ ਨੂੰ ਆਪਣੇ ਫ਼ਜ਼ਲਾਂ (ਮਾਲ ਦੌਲਤ) ਨਾਲ ਨਵਾਜ਼ਿਆ ਹੋਇਆ ਹੈ ਉਸ ਨੂੰ ਲਕੋ ਲੈਂਦੇ ਹਨ।

الَّذِينَ يَبْخَلُونَ وَيَأْمُرُونَ النَّاسَ بِالْبُخْلِ
وَيَكْتُمُونَ مَا آتَاهُمُ اللَّهُ مِن فَضْلِهِ ۗ
وَأَعْتَدْنَا لِلْكَافِرِينَ عَذَابًا مُّهِينًا ٣٧

ਅਸੀਂ ਉਹਨਾਂ ਕਾਫ਼ਿਰਾਂ (ਨਾ ਸ਼ੁਕਰੇ) ਲਈ ਜ਼ਲੀਲ ਕਰਨ ਵਾਲਾ ਅਜ਼ਾਬ ਤਿਆਰ ਕਰ ਰੱਖਿਆ ਹੈ।[1]

38. ਉਹ ਲੋਕ ਵੀ ਅੱਲਾਹ ਨੂੰ ਨਾ-ਪਸੰਦ ਹਨ ਜਿਹੜੇ ਲੋਕ ਆਪਣਾ ਮਾਲ ਲੋਕ-ਵਿਖਾਵੇ ਲਈ ਖ਼ਰਚ ਕਰਦੇ ਹਨ ਅਤੇ ਉਹ ਅੱਲਾਹ ਅਤੇ ਕਿਆਮਤ ਵਾਲੇ ਦਿਨ ਉੱਤੇ ਈਮਾਨ ਨਹੀਂ ਰੱਖਦੇ। ਉਹਨਾਂ ਦਾ ਸਾਥੀ ਸ਼ੈਤਾਨ ਹੈ ਅਤੇ ਇਹ ਸਭ ਤੋਂ ਭੈੜਾ ਸਾਥੀ ਹੈ।

وَالَّذِينَ يُنفِقُونَ أَمْوَالَهُمْ رِئَاءَ النَّاسِ وَلَا
يُؤْمِنُونَ بِاللَّهِ وَلَا بِالْيَوْمِ الْآخِرِ ۗ وَمَن يَكُنِ
الشَّيْطَانُ لَهُ قَرِينًا فَسَاءَ قَرِينًا ﴿٣٨﴾

39. ਭਲਾ ਉਹਨਾਂ ਲੋਕਾਂ ਦਾ ਕੀ ਵਿਗੜ ਜਾਂਦਾ, ਜੇ ਉਹ ਅੱਲਾਹ ਅਤੇ ਕਿਆਮਤ ਦੇ ਦਿਨ ਉੱਤੇ ਈਮਾਨ ਲੈ ਆਉਂਦੇ? ਅਤੇ ਜੋ ਮਾਲ ਅੱਲਾਹ ਨੇ ਉਹਨਾਂ ਨੂੰ ਦਿੱਤਾ ਹੈ, ਉਸ ਵਿਚੋਂ ਖ਼ਰਚ ਕਰਦੇ ਅੱਲਾਹ ਉਹਨਾਂ ਲੋਕਾਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

وَمَاذَا عَلَيْهِمْ لَوْ آمَنُوا بِاللَّهِ وَالْيَوْمِ الْآخِرِ وَأَنفَقُوا
مِمَّا رَزَقَهُمُ اللَّهُ ۚ وَكَانَ اللَّهُ بِهِمْ عَلِيمًا ﴿٣٩﴾

40. ਬੇਸ਼ੱਕ ਅੱਲਾਹ ਕਿਸੇ 'ਤੇ ਵੀ ਜ਼ੱਰਾ ਭਰ ਜ਼ੁਲਮ ਨਹੀਂ ਕਰਦਾ[2] ਅਤੇ ਜੇ ਕਿਸੇ ਨੇ ਕੋਈ ਇਕ ਨੇਕੀ ਕੀਤੀ ਹੋਵੇ ਤਾਂ ਉਸ ਨੂੰ ਦੂਣਾ ਕਰ ਦਿੰਦਾ ਹੈ ਅਤੇ ਆਪਣੇ ਵੱਲੋਂ ਵਿਸ਼ੇਸ਼ ਬਦਲਾ ਪ੍ਰਦਾਨ ਕਰਦਾ ਹੈ।

إِنَّ اللَّهَ لَا يَظْلِمُ مِثْقَالَ ذَرَّةٍ ۖ وَإِن تَكُ حَسَنَةً
يُضَاعِفْهَا وَيُؤْتِ مِن لَّدُنْهُ أَجْرًا عَظِيمًا ﴿٤٠﴾

---

[1] ਨਬੀ ਕਰੀਮ ਸ. ਦਾ ਫ਼ਰਮਾਨ ਹੈ ਕਿ ਕੋਈ ਵੀ ਅਜਿਹਾ ਦਿਨ ਨਹੀਂ ਜਦੋਂ ਦੋ ਫ਼ਰਿਸ਼ਤੇ ਧਰਤੀ 'ਤੇ ਉੱਤਰ ਕੇ ਇਹ ਦੁਆ ਨਾ ਕਰਦੇ ਹੋਣ ਕਿ ਹੇ ਅੱਲਾਹ! ਤੇਰੇ ਰਾਹ ਵਿਚ ਖ਼ਰਚ ਕਰਨ ਵਾਲੇ ਨੂੰ ਉਸ ਦਾ ਬਦਲਾ ਦੇ ਅਤੇ ਦੂਜਾ ਦੁਆ ਕਰਦਾ ਹੈ ਕਿ ਹੇ ਅੱਲਾਹ! ਕੰਜੂਸੀ ਕਰਨ ਵਾਲੇ ਦਾ ਮਾਲ ਬਰਬਾਦ ਕਰ। (ਸਹੀ ਬੁਖ਼ਾਰੀ, ਹਦੀਸ: 1442)

[2] ਭਾਵ ਹਰ ਵਿਅਕਤੀ ਨੂੰ ਉਸੇ ਕੰਮ ਦਾ ਬਦਲਾ ਮਿਲੇਗਾ ਜਿਹੜਾ ਉਸ ਨੇ ਕੀਤਾ ਹੋਵੇਗਾ ਜਿਵੇਂ ਇਕ ਹਦੀਸ ਤੋਂ ਸਪਸ਼ਟ ਹੁੰਦਾ ਹੈ ਹਜ਼ਰਤ ਅਬੂ ਸਈਦ ਰ:ਅ: ਦੱਸਦੇ ਹਨ ਕਿ ਨਬੀ ਕਰੀਮ ਸ. ਦੀ ਸੇਵਾ ਵਿਚ ਕੁੱਝ ਲੋਕ ਹਾਜ਼ਰ ਹੋਏ ਅਤੇ ਪੁੱਛਿਆ, ਹੇ ਅੱਲਾਹ ਦੇ ਰਸੂਲ! ਕੀ ਕਿਆਮਤ ਦਿਹਾੜੇ ਅਸੀਂ ਆਪਣੇ ਰੱਬ ਨੂੰ ਵੇਖਾਂਗੇ? ਨਬੀ ਸ. ਨੇ ਫ਼ਰਮਾਇਆ ਹਾਂ! ਬੇਸ਼ੱਕ ਵੇਖੋਗੇ। ਕੀ ਤੁਹਾਨੂੰ ਦੁਪਹਿਰ ਵੇਲੇ ਜਦੋਂ ਅਕਾਸ਼ ਦੀ ਰੌਸ਼ਨੀ ਸਾਫ਼ ਹੁੰਦੀ ਹੈ ਬੱਦਲ ਨਾ ਹੋਣ ਤਾਂ ਕੀ ਸੂਰਜ ਵੇਖਣ ਵਿਚ ਕੋਈ ਤਕਲੀਫ਼ ਹੁੰਦੀ ਹੈ? ਉਹਨਾਂ ਨੇ ਕਿਹਾ ਕਿ ਨਹੀਂ, ਫੇਰ ਨਬੀ ਕਰੀਮ ਸ. ਨੇ ਫ਼ਰਮਾਇਆ ਕਿ ਚੌਦਵੀਂ ਦੀ ਰਾਤ ਨੂੰ ਜਦੋਂ ਅਕਾਸ਼ ਦੀ ਰੌਸ਼ਨੀ ਸਾਫ਼ ਹੋਵੇ, ਬੱਦਲ ਨਾ ਹੋਣ ਤਾਂ ਕੀ ਚੰਨ ਵੇਖਣ ਵਿਚ ਕੋਈ ਤਕਲੀਫ਼ ਹੁੰਦੀ ਹੈ? ਤਾਂ ਉਹਨਾਂ ਨੇ ਕਿਹਾ ਨਹੀਂ, ਫੇਰ ਨਬੀ ਸ. ਨੇ ਫ਼ਰਮਾਇਆ ਇਸੇ ਤਰ੍ਹਾਂ ਤੁਹਾਨੂੰ ਕਿਆਮਤ ਦੇ ਦਿਨ ਆਪਣੇ ਅੱਲਾਹ ਨੂੰ ਵੇਖਣ ਵਿਚ ਵੀ ਕੋਈ ਔਖਿਆਈ ਨਹੀਂ ਲੱਗੇਗੀ ਜਿਵੇਂ ਸੂਰਜ ਜਾਂ ਚੰਨ ਦੇ ਵੇਖਣ ਵਿਚ ਨਹੀਂ ਹੁੰਦੀ। ਫੇਰ ਫ਼ਰਮਾਇਆ ਕਿ ਕਿਆਮਤ ਦੇ ਦਿਨ ਇਕ ਹੋਕੇ ਲਾਉਣ ਵਾਲਾ ਪੁਕਾਰੇਗਾ ਕਿ ਹੇ ਲੋਕੋ! ਜਿਹੜਾ ਜਿਸ ਦੀ ਪੂਜਾ ਕਰਦਾ ਸੀ ਉਸੇ ਦੇ ਨਾਲ ਚਲਾ ਜਾਵੇ। ਫੇਰ ਅੱਲਾਹ ਤੋਂ ਛੁੱਟ ਦੂਜੇ ਇਸ਼ਟਾਂ ਨੂੰ ਪੂਜਣ ਵਾਲਿਆਂ ਵਿੱਚੋਂ ਕੋਈ ਨਹੀਂ ਬਚੇਗਾ ਉਹ ਸਾਰੇ ਆਪਣੇ ਇਸ਼ਟਾਂ ਨਾਲ ਨਰਕ ਵਿਚ ਚਲੇ ਜਾਣਗੇ। –

41. ਉਸ ਸਮੇਂ ਉਹਨਾਂ (ਕਾਫ਼ਿਰਾਂ) ਦਾ ਹਾਲ ਕੀ ਹੋਵੇਗਾ? ਜਦੋਂ ਹਰੇਕ ਉੱਮਤ ਵਿੱਚੋਂ ਇਕ ਗਵਾਹ ਲਿਆਵਾਂਗੇ ਅਤੇ ਇਸ ਉੱਮਤ ਉੱਤੇ ਤੁਹਾਨੂੰ (ਮੁਹੰਮਦ ਸ:) ਨੂੰ ਗਵਾਹ ਬਣਾਵਾਂਗੇ।

فَكَيْفَ إِذَا جِئْنَا مِن كُلِّ أُمَّةٍ بِشَهِيدٍ وَجِئْنَا بِكَ عَلَىٰ هَٰؤُلَاءِ شَهِيدًا (41)

42. ਉਸ ਦਿਨ (ਕਿਆਮਤ ਵੇਲੇ) (ਰੱਬ ਦੇ) ਇਨਕਾਰੀ ਅਤੇ ਰਸੂਲ ਦੇ ਨਾ-ਫ਼ਰਮਾਨ ਇਹ ਇੱਛਾ ਕਰਨਗੇ ਕਿ ਕਾਸ਼! ਉਹਨਾਂ ਨੂੰ ਧਰਤੀ ਦੇ ਬਰਾਬਰ ਹੀ ਪੱਧਰ ਕਰ ਦਿੱਤਾ ਜਾਂਦਾ (ਭਾਵ ਪੁੱਛ-ਗਿੱਛ ਨਾ ਹੁੰਦੀ) ਅਤੇ ਉਹ (ਉਸ ਦਿਨ) ਅੱਲਾਹ ਤੋਂ ਕੋਈ ਵੀ ਗੱਲ ਲੁਕਾ ਨਹੀਂ ਸਕਣਗੇ।

يَوْمَئِذٍ يَوَدُّ الَّذِينَ كَفَرُوا وَعَصَوُا الرَّسُولَ لَوْ تُسَوَّىٰ بِهِمُ الْأَرْضُ وَلَا يَكْتُمُونَ اللَّهَ حَدِيثًا (42)

- ਅੱਲਾਹ ਨੂੰ ਪੂਜਣ ਵਾਲੇ ਹੀ ਰਹਿ ਜਾਣਗੇ ਇਹਨਾਂ ਵਿਚ ਚੰਗੇ ਮਾੜੇ ਸਭ ਤਰ੍ਹਾਂ ਦੇ ਮੁਸਲਮਾਨ ਹੋਣਗੇ ਅਤੇ ਅਹਲੇ ਕਿਤਾਬ ਦੇ ਕੁੱਝ ਲੋਕ ਰਹਿ ਜਾਣਗੇ। ਅਹਲੇ ਕਿਤਾਬ ਵਿਚ ਪਹਿਲਾਂ ਯਹੂਦੀਆਂ ਨੂੰ ਬੁਲਾਇਆ ਜਾਵੇਗਾ ਉਹਨਾਂ ਤੋਂ ਪੁੱਛਿਆ ਜਾਵੇਗਾ ਕਿ ਤੁਸੀਂ ਕਿਸ ਚੀਜ਼ ਦੀ ਇਬਾਦਤ ਕਰਦੇ ਸੀ? ਉਹ ਜਵਾਬ ਦੇਣਗੇ ਕਿ ਅਸੀਂ ਹਜ਼ਰਤ ਉਜ਼ੈਰ ਜੋ ਕਿ ਅੱਲਾਹ ਦੇ ਪੁੱਤਰ ਸੀ ਉਹਨਾਂ ਦੀ ਪੂਜਾ ਕਰਦੇ ਸੀ, ਤਾਂ ਉਹਨਾਂ ਨੂੰ ਕਿਹਾ ਜਾਵੇਗਾ ਕਿ ਤੁਸੀਂ ਝੂਠ ਬੋਲਦੇ ਹੋ ਕਿਉਂ ਜੋ ਨਾ ਤਾਂ ਅੱਲਾਹ ਦੀ ਕੋਈ ਪਤਨੀ ਹੈ ਅਤੇ ਨਾ ਹੀ ਕੋਈ ਪੁੱਤਰ ਹੈ, ਫੇਰ ਉਹਨਾਂ ਨੂੰ ਪੁੱਛਿਆ ਜਾਵੇਗਾ ਕਿ ਹੁਣ ਤੁਸੀਂ ਕੀ ਚਾਹੁੰਦੇ ਹੋ? ਤਾਂ ਉਹ ਆਖਣਗੇ ਕਿ ਹੇ ਪਾਲਣਹਾਰ! ਸਾਡਾ ਪਿਆਸ ਨਾਲ ਬੁਰਾ ਹਾਲ ਹੈ ਸਾਨੂੰ ਕੁੱਝ ਪੀਣ ਲਈ ਦਿੱਤਾ ਜਾਵੇ ਤਾਂ ਉਹਨਾਂ ਨੂੰ ਇਸ਼ਾਰਾ ਕੀਤਾ ਜਾਵੇਗਾ ਕਿ ਉਸ ਘਾਟ ਤੇ ਜਾ ਕੇ ਪਿਆਸ ਬੁਝਾ ਲਵੋ ਜਦੋਂ ਕਿ ਉਹ ਅਸਲ ਵਿਚ ਅੱਗ ਵੱਲ ਧੱਕੇ ਜਾਣਗੇ ਅਤੇ ਉਹ ਅੱਗ ਇੰਜ ਵਿਖਾਈ ਦੇਵੇਗੀ ਜਿਸ ਤਰ੍ਹਾਂ ਮਾਰੂਥਲ ਜਿਸ ਨੂੰ ਦੁਪਹਿਰ ਵੇਲੇ ਦੂਰ ਤੋਂ ਵੇਖਿਆ ਜਾਵੇ ਤਾਂ ਪਾਣੀ ਵਾਂਗ ਲੱਗਦਾ ਹੈ ਅਤੇ ਜਿਸ ਦਾ ਕੁੱਝ ਭਾਗ ਹੀ ਕੁੱਝ ਨੂੰ ਕੁਚਲ ਰਿਹਾ ਹੋਵੇ ਤਾਂ ਉਹ ਉਸ ਅੱਗ ਵਿਚ ਹੀ ਗਿਰ ਜਾਣਗੇ। ਯਹੂਦੀਆਂ ਤੋਂ ਬਾਅਦ ਈਸਾਈਆਂ ਨੂੰ ਬੁਲਾਇਆ ਜਾਵੇਗਾ ਅਤੇ ਉਹਨਾਂ ਨੂੰ ਪੁੱਛਿਆ ਜਾਵੇਗਾ ਕਿ ਤੁਸੀਂ ਕਿਸ ਦੀ ਪੂਜਾ ਕਰਦੇ ਸੀ? ਤਾਂ ਉਹ ਆਖਣਗੇ ਕਿ ਹਜ਼ਰਤ ਈਸਾ ਦੀ ਜਿਹੜੇ ਅੱਲਾਹ ਦੇ ਪੁੱਤਰ ਸੀ ਤਾਂ ਉਹਨਾਂ ਨੂੰ ਕਿਹਾ ਜਾਵੇਗਾ ਕਿ ਤੁਸੀਂ ਝੂਠ ਬੋਲਦੇ ਹੋ ਅੱਲਾਹ ਤਆਲਾ ਦੀ ਕੋਈ ਪਤਨੀ ਹੈ ਹੀ ਨਹੀਂ। ਫੇਰ ਉਹਨਾਂ ਤੋਂ ਪੁੱਛਿਆ ਜਾਵੇਗਾ ਕਿ ਤੁਸੀਂ ਕੀ ਚਾਹੁੰਦੇ ਹੋ? ਤਾਂ ਉਹ ਵੀ ਉਹੀਓ ਕਹਿਣਗੇ ਜੋ ਯਹੂਦੀਆਂ ਨੇ ਕਿਹਾ ਸੀ ਅਤੇ ਉਹ ਵੀ ਏਵੇਂ ਹੀ ਨਰਕ ਵਿਚ ਸੁੱਟੇ ਜਾਣਗੇ ਹੁਣ ਮੈਦਾਨ ਵਿਚ ਕੇਵਲ ਉਹੀਓ ਲੋਕ ਰਹਿ ਜਾਣਗੇ ਜਿਹੜੇ ਕੇਵਲ ਰੱਬ ਦੀ ਹੀ ਇਬਾਦਤ ਕਰਿਆ ਕਰਦੇ ਸਨ ਇਹਨਾਂ ਵਿਚ ਚੰਗੇ ਮਾੜੇ ਸਾਰੇ ਹੀ ਹੋਣਗੇ ਉਸ ਸਮੇਂ ਅੱਲਾਹ ਇਕ ਸ਼ਕਲ ਵਿਚ ਪ੍ਰਗਟ ਹੋਵੇਗਾ ਜਿਹੜੀ ਉਸ ਪਹਿਲੀ ਸ਼ਕਲ ਵਾਂਗ ਹੋਵੇਗੀ ਜਿਹੜੀ ਉਹ ਪਹਿਲਾਂ ਵੇਖ ਚੁੱਕੇ ਸਨ ਉਹਨਾਂ ਨੂੰ ਕਿਹਾ ਜਾਵੇਗਾ ਕਿ ਤੁਸੀਂ ਕਿਸ ਦੀ ਉਡੀਕ ਕਰ ਰਹੇ ਹੋ? ਹਰ ਟੋਲਾ ਆਪਣੇ ਇਸ਼ਟ ਨਾਲ ਚਲਾ ਜਾਵੇਗਾ ਜਿਸ ਦੀ ਉਹ ਇਬਾਦਤ ਕਰਦੇ ਸਨ ਤਾਂ ਉਹ ਆਖਣਗੇ ਕਿ ਸੰਸਾਰ ਵਿਚ ਅਸੀਂ ਇਹਨਾਂ ਗੁਮਰਾਹ ਪਏ ਲੋਕਾਂ ਤੋਂ ਅਲੱਗ ਰਹੇ ਅਸੀਂ ਇਹਨਾਂ ਦਾ ਸਾਥ ਨਹੀਂ ਦਿੱਤਾ ਅਸੀਂ ਤਾਂ ਆਪਣੇ ਸੱਚੇ ਇਸ਼ਟ ਦੀ ਉਡੀਕ ਕਰ ਰਹੇ ਹਾਂ ਜਿਸ ਦੀ ਅਸੀਂ ਇਬਾਦਤ ਕਰਿਆ ਕਰਦੇ ਸਨ ਉਸ ਸਮੇਂ ਪਾਲਣਹਾਰ ਫ਼ਰਮਾਏਗਾ ਮੈਂ ਹੀ ਤੁਹਾਡਾ ਰੱਬ ਹਾਂ ਤਾਂ ਉਹ ਇੰਜ ਤਿੰਨ ਵਾਰ ਆਖਣਗੇ ਕਿ ਅਸੀਂ ਅੱਲਾਹ ਦੇ ਨਾਲ ਕਿਸੇ ਨੂੰ ਸ਼ਰੀਕ ਨਹੀਂ ਬਣਾਉਂਦੇ। (ਸਹੀ ਬੁਖ਼ਾਰੀ, ਹਦੀਸ: 4581)

43 ਹੇ ਈਮਾਨ ਵਾਲਿਓ! ਜਦੋਂ ਤੁਸੀਂ ਨਸ਼ੇ ਦੀ ਹਾਲਤ ਵਿਚ ਹੋਵੋ ਤਾਂ ਨਮਾਜ਼ ਦੇ ਨੇੜੇ ਵੀ ਨਾ ਜਾਓ ਜਦੋਂ ਤਕ ਕਿ ਤੁਸੀਂ ਆਪਣੀ (ਕਹੀ ਹੋਈ) ਗੱਲ ਨੂੰ ਨਾ ਸਮਝੋ (ਨਮਾਜ਼ ਨਾ ਪੜ੍ਹੋ) ਅਤੇ ਨਾ ਹੀ ਨਾ ਪਾਕੀ ਦੀ ਹਾਲਤ ਵਿਚ (ਨਮਾਜ਼ ਪੜ੍ਹੋ), ਜਦੋਂ ਤੀਕ ਕਿ ਤੁਸੀਂ ਇਸ਼ਨਾਨ (ਗ਼ੁਸਲ) ਨਾ ਕਰ ਲਓ। ਹਾਂ! ਜੇ ਤੁਸੀਂ ਰਸਤੇ (ਸਫ਼ਰ) ਵਿਚ ਹੋਵੋਂ, ਗ਼ੁਸਲ ਕਰਨਾ ਸੰਭਵ ਨਾ ਹੋਵੇ, ਤਾਂ ਗੱਲ ਵੱਖਰੀ ਹੈ। ਜੇਕਰ ਤੁਸੀਂ ਬੀਮਾਰ ਹੋ ਜਾਂ ਸਫ਼ਰ ਵਿਚ ਹੋ ਜਾਂ ਤੁਹਾਡੇ ਵਿੱਚੋਂ ਕੋਈ ਟੱਟੀ ਪਿਸ਼ਾਬ ਕਰਕੇ ਆਇਆ ਹੋਵੇ ਜਾਂ ਤੁਸੀਂ ਆਪਣੀਆਂ (ਪਤਨੀਆਂ) ਨਾਲ ਸਰੀਰਕ ਮੇਲ ਮਿਲਾਪ ਕੀਤਾ ਹੋਵੇ ਅਤੇ ਤੁਹਾਨੂੰ (ਗ਼ੁਸਲ ਲਈ) ਪਾਣੀ ਨਾ ਮਿਲੇ ਤਾਂ ਪਾਕ ਮਿੱਟੀ ਨਾਲ ਤਿਯੱਮੁਮ ਕਰ ਲਓ ਅਤੇ ਇਸ (ਮਿੱਟੀ 'ਤੇ ਹੱਥ ਮਾਰ ਕੇ ਮਿੱਟੀ ਲਿਬੜੇ ਹੱਥਾਂ) ਨੂੰ ਆਪਣੇ ਮੂੰਹ ਤੇ ਹੱਥਾਂ ਉੱਤੇ ਫੇਰ ਲਿਆ ਕਰੋ।[1] ਬੇਸ਼ੱਕ ਅੱਲਾਹ ਭੁੱਲਾਂ ਹੋਣ ਤੇ ਨਰਮੀ ਕਰਨ ਵਾਲਾ ਤੇ ਬਖ਼ਸ਼ਣਹਾਰ ਹੈ

يَٰٓأَيُّهَا ٱلَّذِينَ ءَامَنُوا۟ لَا تَقْرَبُوا۟ ٱلصَّلَوٰةَ وَأَنتُمْ
سُكَٰرَىٰ حَتَّىٰ تَعْلَمُوا۟ مَا تَقُولُونَ وَلَا جُنُبًا إِلَّا
عَابِرِى سَبِيلٍ حَتَّىٰ تَغْتَسِلُوا۟ ۚ وَإِن كُنتُم
مَّرْضَىٰٓ أَوْ عَلَىٰ سَفَرٍ أَوْ جَآءَ أَحَدٌ مِّنكُم مِّنَ
ٱلْغَآئِطِ أَوْ لَٰمَسْتُمُ ٱلنِّسَآءَ فَلَمْ تَجِدُوا۟ مَآءً
فَتَيَمَّمُوا۟ صَعِيدًا طَيِّبًا فَٱمْسَحُوا۟ بِوُجُوهِكُمْ
وَأَيْدِيكُمْ ۗ إِنَّ ٱللَّهَ كَانَ عَفُوًّا غَفُورًا ﴿٤٣﴾

44 ਕੀ ਤੁਸੀਂ ਉਹਨਾਂ ਲੋਕਾਂ ਨੂੰ ਨਹੀਂ ਵੇਖਿਆ ਜਿਨ੍ਹਾਂ ਨੂੰ ਰੱਬੀ ਕਿਤਾਬ ਦਾ ਥੋੜ੍ਹਾ ਜਿਹਾ ਭਾਗ ਦਿੱਤਾ ਗਿਆ ਸੀ? ਉਹ ਲੋਕ ਗੁਮਰਾਹੀ ਦੇ ਖ਼ਰੀਦਾਰ ਹਨ ਅਤੇ ਇਹ ਵੀ ਚਾਹੁੰਦੇ ਹਨ ਕਿ ਤੁਸੀਂ ਵੀ ਸਿੱਧੀ ਰਾਹ ਤੋਂ ਭਟਕ ਜਾਓ।

أَلَمْ تَرَ إِلَى ٱلَّذِينَ أُوتُوا۟ نَصِيبًا مِّنَ ٱلْكِتَٰبِ
يَشْتَرُونَ ٱلضَّلَٰلَةَ وَيُرِيدُونَ أَن تَضِلُّوا۟ ٱلسَّبِيلَ ﴿٤٤﴾

45. ਅੱਲਾਹ ਤੁਹਾਡੇ ਦੁਸ਼ਮਨਾਂ ਨੂੰ ਭਲੀ-ਭਾਂਤ ਜਾਣਦਾ ਹੈ, ਅਤੇ ਅੱਲਾਹ ਦਾ ਸਾਥ ਹੋਣਾ ਅਤੇ ਉਸ ਦੀ ਮਦਦ ਹੀ (ਮੋਮਿਨਾਂ ਲਈ) ਬਥੇਰੀ ਹੈ।

وَٱللَّهُ أَعْلَمُ بِأَعْدَآئِكُمْ ۚ وَكَفَىٰ بِٱللَّهِ وَلِيًّا
وَكَفَىٰ بِٱللَّهِ نَصِيرًا ﴿٤٥﴾

---

[1] ਨਮਾਜ਼ ਅਦਾ ਕਰਨ ਲਈ ਵਜ਼ੂ ਕਰਨਾ ਜ਼ਰੂਰੀ ਹੈ ਪਰ ਜੇ ਪਾਣੀ ਨਾ ਮਿਲੇ ਜਾਂ ਕੋਈ ਬੀਮਾਰ ਹੋਵੇ ਤਾਂ ਮਿੱਟੀ ਤੋਂ ਤਯੱਮੁਮ ਕਰਕੇ ਨਮਾਜ਼ ਪੜ੍ਹੀ ਜਾ ਸਕਦੀ ਹੈ ਉਸ ਦਾ ਤਰੀਕਾ ਹੈ ਕਿ ਇਕ ਵਾਰ ਹੱਥਾਂ ਨੂੰ ਧਰਤੀ 'ਤੇ ਜਾਂ ਕਿਸੇ ਪਾਕ ਮਿੱਟੀ ਦੇ ਢੇਲੇ 'ਤੇ ਮਾਰੋ ਅਤੇ ਦੋਵੇਂ ਹੱਥਾਂ ਨੂੰ ਇਕ ਦੂਜੇ 'ਤੇ ਫੇਰ ਕੇ ਆਪਣੇ ਚਿਹਰੇ 'ਤੇ ਫੇਰ ਲਵੋ ਨਬੀ ਕਰੀਮ ਸ: ਨੇ ਫ਼ਰਮਾਇਆ ਕਿ ਦੋਵਾਂ ਹਥੇਲੀਆਂ ਅਤੇ ਚਿਹਰੇ ਲਈ ਹੱਥਾਂ ਨੂੰ ਇਕ ਵਾਰ ਹੀ ਮਿੱਟੀ 'ਤੇ ਮਾਰਨਾ ਹੈ। (ਸੁਨਨ ਅਬੂ-ਦਾਊਦ, ਹਦੀਸ: 327)

مِنَ الَّذِينَ هَادُوا يُحَرِّفُونَ الْكَلِمَ عَنْ
مَوَاضِعِهِ وَيَقُولُونَ سَمِعْنَا وَعَصَيْنَا وَاسْمَعْ
غَيْرَ مُسْمَعٍ وَرَاعِنَا لَيًّا بِأَلْسِنَتِهِمْ وَطَعْنًا فِي
الدِّينِ ۚ وَلَوْ أَنَّهُمْ قَالُوا سَمِعْنَا وَأَطَعْنَا
وَاسْمَعْ وَانْظُرْنَا لَكَانَ خَيْرًا لَهُمْ وَأَقْوَمَ
وَلَٰكِنْ لَعَنَهُمُ اللَّهُ بِكُفْرِهِمْ فَلَا يُؤْمِنُونَ إِلَّا
قَلِيلًا ٤٦

46. ਯਹੂਦੀਆਂ ਵਿੱਚੋਂ ਕੁੱਝ ਲੋਕ ਉਹ ਵੀ ਹਨ ਜਿਹੜੇ ਸ਼ਬਦਾਂ ਨੂੰ ਉਹਨਾਂ ਦੇ ਅਸਲ ਟਿਕਾਣੇ (ਭਾਵ ਅਰਥਾਂ) ਤੋਂ ਬਦਲ ਦਿੰਦੇ ਹਨ। ਉਹ ਆਪਣੀਆਂ ਜੀਭਾਂ ਨੂੰ ਤੋੜ ਮਰੋੜ ਕੇ ਸੱਚੇ ਧਰਮ (ਇਸਲਾਮ) ਵਿਰੁੱਧ ਕਟਾਖ਼ ਕਰਦੇ ਹੋਏ ਨਬੀ ਸ: ਨੂੰ ਆਖਦੇ ਹਨ ਕਿ "ਅਸੀਂ ਸੁਣ ਲਿਆ ਹੈ ਪਰ ਅਸੀਂ ਮੰਨਦੇ ਨਹੀਂ" ਅਤੇ ਆਖਦੇ ਹਨ "ਸੁਣੋ ਕਿ ਤੁਸੀਂ ਇਸ ਯੋਗ ਨਹੀਂ ਹੋ ਕਿ ਤੁਹਾਥੋਂ ਸੁਣਿਆ ਜਾਵੇ" ਅਤੇ ਆਪ ਜੀ (ਭਾਵ ਨਬੀ ਸ:) ਨੂੰ ਸੰਬੋਧਨ ਕਰਦੇ ਹੋਏ ਆਖਦੇ ਹਨ 'ਰਾਇਨਾ'[1] (ਭਾਵ ਹੇ ਸਾਡੇ ਚਰਵਾਹੇ!) ਜੇ ਉਹ ਇਹ ਆਖਦੇ ਕਿ "ਅਸੀਂ ਸੁਣਿਆ ਤੇ ਅਸੀਂ ਪਾਲਣਾ ਵੀ ਕੀਤੀ" ਅਤੇ ਆਖਦੇ ਕਿ "ਸਾਡੀ ਬੇਨਤੀ ਸੁਣੋ ਤੇ ਸਾਡੇ ਵੱਲ ਧਿਆਨ ਦਿਓ" ਤਾਂ ਇਹ ਕਹਿਣਾ ਉਹਨਾਂ ਲਈ ਵਧੇਰੇ ਉਚਿਤ ਸੀ। ਕਿਉਂ ਜੋ ਅੱਲਾਹ ਨੇ ਉਹਨਾਂ ਦੀ ਅਵੱਗਿਆਕਾਰੀ ਕਾਰਨ ਉਹਨਾਂ 'ਤੇ ਫਿਟਕਾਰ ਪਾਈ ਹੈ, ਇਸ ਲਈ ਛੁੱਟ ਕੁੱਝ ਇਕ ਲੋਕਾਂ ਤੋਂ ਉਹ ਈਮਾਨ ਨਹੀਂ ਲਿਆਉਂਦੇ।

يَا أَيُّهَا الَّذِينَ أُوتُوا الْكِتَابَ آمِنُوا بِمَا نَزَّلْنَا
مُصَدِّقًا لِمَا مَعَكُمْ مِنْ قَبْلِ أَنْ نَطْمِسَ وُجُوهًا
فَنَرُدَّهَا عَلَىٰ أَدْبَارِهَا أَوْ نَلْعَنَهُمْ كَمَا لَعَنَّا
أَصْحَابَ السَّبْتِ ۚ وَكَانَ أَمْرُ اللَّهِ مَفْعُولًا ٤٧

47. ਹੇ ਅਹਿਲੇ ਕਿਤਾਬ! ਜੋ ਵੀ ਅਸੀਂ (ਕੁਰਆਨ) ਨਾਜ਼ਿਲ ਕੀਤਾ ਹੈ ਉਸ 'ਤੇ ਈਮਾਨ ਲਿਆਓ ਉਹ ਉਸ ਦੀ ਵੀ ਪੁਸ਼ਟੀ ਕਰਦਾ ਹੈ ਜੋ ਤੁਹਾਡੇ ਕੋਲ ਮੌਜੂਦ ਹੈ। ਤੁਸੀਂ ਇਸ (ਕੁਰਆਨ) 'ਤੇ ਈਮਾਨ ਲੈ ਆਓ[2] ਇਸ ਤੋਂ ਪਹਿਲਾਂ ਕਿ ਅਸੀਂ (ਅੱਲਾਹ)

---

[1] ਰਾਇਨਾ ਦਾ ਅਰਥ ਸਾਡੇ ਵੱਲ ਧਿਆਨ ਦੇਣਾ ਹੈ ਜਦੋਂ ਕੋਈ ਗੱਲ ਸਮਝ ਵਿਚ ਨਾ ਆਵੇ ਤਾਂ ਉਸ ਸਮੇਂ ਇਸ ਸ਼ਬਦ ਦੀ ਵਰਤੋਂ ਕਰਕੇ ਬੋਲਣ ਵਾਲੇ ਦਾ ਧਿਆਨ ਆਪਣੇ ਵੱਲ ਕਰਨਾ ਹੁੰਦਾ ਹੈ। ਪਰ ਯਹੂਦੀ ਈਰਖਾ ਕਾਰਨ ਇਸ ਸ਼ਬਦ ਨੂੰ ਵਿਗਾੜ ਕੇ ਵਰਤੋਂ ਵਿਚ ਲਿਆਉਂਦੇ ਸਨ, ਜਿਸ ਕਾਰਨ ਇਸ ਦੇ ਅਰਥ ਹੀ ਬਦਲ ਜਾਂਦੇ ਸੀ, ਜਿਵੇਂ ਉਹ ਰਾਇਨਾ ਸ਼ਬਦ ਨੂੰ ਵਿਗਾੜ ਕੇ ਰਾਈਨਾ ਆਖਦੇ ਸੀ ਜਿਸ ਦਾ ਅਰਥ ਹੈ, ਹੇ ਸਾਡੇ ਚਰਵਾਹੇ। ਜੋ ਕਿ ਬੇਵਕੂਫ਼ ਦੀ ਥਾਂ ਬੋਲਿਆ ਜਾਂਦਾ ਹੈ ਇਸ ਸ਼ਬਦ ਦੀ ਥਾਂ ਮੁਸਲਮਾਨਾਂ ਨੂੰ ਉਨਜ਼ੁਰਨਾ ਸ਼ਬਦ ਦੀ ਵਰਤੋਂ ਕਰਨ ਦੀ ਹਿਦਾਇਤ ਦਿੱਤੀ ਗਈ

[2] ਇਹ ਆਇਤ ਯਹੂਦੀਆਂ ਤੇ ਈਸਾਈਆਂ ਲਈ ਇਕ ਚਿਤਾਵਨੀ ਸਮਾਨ ਹੈ ਇਸ ਵਿਚ ਉਹਨਾਂ ਲਈ ਇਹ ਲਾਜ਼ਮੀ ਹੈ ਕਿ ਉਹ ਹਜ਼ਰਤ ਮੁਹੰਮਦ ਸ: ਦੀ ਰਸਾਲਤ ਅਤੇ ਕੁਰਆਨ ਤੇ ਈਮਾਨ ਦੀ ਸਿੱਖਿਆਵਾਂ ਉੱਤੇ ਈਮਾਨ

ਤੁਹਾਡੇ ਚਿਹਰੇ ਵਿਗਾੜ ਦਈਏ ਅਤੇ ਉਹਨਾਂ ਨੂੰ ਪਿੱਠਾਂ ਵੱਲ ਫੇਰ ਦਈਏ ਜਾਂ ਇਹਨਾਂ 'ਤੇ ਇੰਜ ਲਾਅਨਤਾਂ ਭੇਜੀਏ ਜਿਵੇਂ ਕਿ ਅਸੀਂ 'ਸਬਤ ਵਾਲਿਆਂ' 'ਤੇ ਲਾਅਨਤਾਂ ਭੇਜੀਆਂ ਸਨ। ਯਾਦ ਰੱਖੋ ਕਿ ਅੱਲਾਹ ਦਾ ਹੁਕਮ ਅਟਲ ਹੁੰਦਾ ਹੈ।

48 ਬੇਸ਼ੱਕ ਅੱਲਾਹ ਸ਼ਿਰਕ (ਰੱਬ ਨਾਲ ਸਾਂਝੀ) ਕਰਨ ਵਾਲਿਆਂ ਨੂੰ ਕਦੇ ਨਹੀਂ ਬਖ਼ਸ਼ਦਾ, ਇਸ (ਗੁਨਾਹ) ਤੋਂ ਛੁੱਟ ਜਿਸ ਨੂੰ ਵੀ ਚਾਹੁੰਦਾ ਹੈ ਬਖ਼ਸ਼ ਦਿੰਦਾ ਹੈ। ਜਿਸ ਨੇ ਵੀ ਅੱਲਾਹ ਦੇ ਨਾਲ ਕਿਸੇ ਹੋਰ ਨੂੰ ਸ਼ਰੀਕ ਬਣਾਇਆ ਉਸ ਨੇ ਬਹੁਤ ਹੀ ਵੱਡਾ ਝੂਠ ਘੜ੍ਹਿਆ ਅਤੇ ਬਹੁਤ ਵੱਡਾ ਗੁਨਾਹ ਕੀਤਾ।[1]

إِنَّ اللَّهَ لَا يَغْفِرُ أَن يُشْرَكَ بِهِ وَيَغْفِرُ مَا دُونَ ذَٰلِكَ لِمَن يَشَاءُ ۚ وَمَن يُشْرِكْ بِاللَّهِ فَقَدِ افْتَرَىٰ إِثْمًا عَظِيمًا ﴿٤٨﴾

49. (ਹੇ ਨਬੀ!) ਕੀ ਤੁਸੀਂ ਉਸ ਨੂੰ ਨਹੀਂ ਵੇਖਿਆ ਜਿਹੜਾ ਆਪਣੀ ਪਵਿੱਤਰਤਾ ਦੀ ਆਪ ਹੀ ਪ੍ਰਸ਼ੰਸਾ ਕਰਦਾ ਹੈ? ਜਦ ਕਿ ਅੱਲਾਹ ਜਿਸ ਨੂੰ ਚਾਹੁੰਦਾ ਹੈ ਉਸ ਵਿਅਕਤੀ (ਦੇ ਮਨ) ਨੂੰ ਪਵਿੱਤਰ ਕਰਦਾ ਹੈ (ਕਿਆਮਤ ਦਿਹਾੜੇ) ਕਿਸੇ 'ਤੇ ਵੀ ਰਤਾ ਜ਼ੁਲਮ ਨਹੀਂ ਕੀਤਾ ਜਾਵੇਗਾ।

أَلَمْ تَرَ إِلَى الَّذِينَ يُزَكُّونَ أَنفُسَهُم ۚ بَلِ اللَّهُ يُزَكِّي مَن يَشَاءُ وَلَا يُظْلَمُونَ فَتِيلًا ﴿٤٩﴾

50. ਵੇਖੋ ਤਾਂ ਸਹੀ ਇਹ (ਯਹੂਦੀ) ਲੋਕ ਅੱਲਾਹ ਉੱਤੇ ਕਿਵੇਂ ਝੂਠੀਆਂ ਗੱਲਾਂ ਮੜ੍ਹ ਰਹੇ ਹਨ, ਇਹਨਾਂ ਦੀਆਂ ਇਹੋ (ਹਰਕਤਾਂ) ਸਪਸ਼ਟ ਰੂਪ ਵਿਚ ਉਹਨਾਂ ਨੂੰ ਪਾਪੀ ਸਿੱਧ ਕਰਨ ਲਈ ਬਥੇਰੀਆਂ ਹਨ।

انظُرْ كَيْفَ يَفْتَرُونَ عَلَى اللَّهِ الْكَذِبَ ۖ وَكَفَىٰ بِهِ إِثْمًا مُّبِينًا ﴿٥٠﴾

ਕੇ ਆਉਣ ਫੇਰ ਉਹਨਾਂ ਦਾ ਈਮਾਨ ਕਬੂਲ ਕੀਤਾ ਜਾਵੇਗਾ ਨਹੀਂ ਤਾਂ ਰੱਦ ਹੋ ਜਾਵੇਗਾ। ਵੇਖੋ ਸੂਰਤ ਆਲੇ-ਇਮਰਾਨ, ਆਇਤ 85, 116/3

[1] ਨਬੀ ਕਰੀਮ ਸ: ਦਾ ਫ਼ਰਮਾਨ ਹੈ ਕਿ ਜਿਸ ਨੂੰ ਸਭ ਤੋਂ ਘਟ ਸਜ਼ਾ ਦਿੱਤੀ ਜਾਵੇਗੀ, ਉਸ ਤੋਂ ਅੱਲਾਹ ਪੁੱਛੇਗਾ, "ਜੇ ਤੇਰੇ ਕੋਲ ਧਰਤੀ ਦੇ ਬਰਾਬਰ ਮਾਲ ਹੁੰਦਾ ਤਾਂ ਕੀ ਤੂੰ ਉਸ ਨੂੰ ਆਪਣੀ ਜਾਨ ਬਖ਼ਸ਼ਵਾਉਣ ਲਈ ਬਦਲੇ ਵਿਚ ਦੇ ਦਿੰਦਾ?" ਤਾਂ ਉਹ ਕਹੇਗਾ, "ਹਾਂ। ਇਹੋ ਮੇਰੀ ਇੱਛਾ ਹੈ।" ਫੇਰ ਅੱਲਾਹ ਫ਼ਰਮਾਏਗਾ, "ਮੈਂ ਤਾਂ ਇਸ ਤੋਂ ਸੌਖੀ ਗੱਲ ਦੀ ਤੈਥੋਂ ਮੰਗ ਕੀਤੀ ਸੀ, ਜਦ ਤੂੰ ਆਦਮ ਦੀ ਪਿੱਠ ਵਿਚ ਹੀ ਸੀ ਕਿ ਤੂੰ ਮੇਰੇ ਨਾਲ ਕਿਸੇ ਨੂੰ ਸ਼ਰੀਕ ਨਾ ਬਣਾਈਂ, ਪਰ ਤੂੰ ਨਹੀਂ ਮੰਨਿਆ ਅਤੇ ਸ਼ਿਰਕ ਕਰਨ ਉੱਤੇ ਅੜਿਆ ਰਿਹਾ। (ਸਹੀ ਬੁਖ਼ਾਰੀ, ਹਦੀਸ: 3334)

51. ਕੀ ਤੁਸੀਂ ਉਹਨਾਂ (ਯਹੂਦੀਆਂ) ਨੂੰ ਨਹੀਂ ਵੇਖਿਆ ਜਿਨ੍ਹਾਂ ਨੂੰ ਕਿਤਾਬ ਦੇ ਗਿਆਨ ਦਾ ਕੁੱਝ ਹਿੱਸਾ ਦਿੱਤਾ ਗਿਆ ਸੀ? (ਹੁਣ ਉਹਨਾਂ ਦਾ ਇਹ ਹਾਲ ਹੈ ਕਿ) ਉਹ ਲੋਕ ਬੁਤਾਂ ਅਤੇ ਤਾਗੂਤਾਂ[1] (ਸ਼ੈਤਾਨਾਂ) ਉੱਤੇ ਭਰੋਸਾ ਰੱਖਦੇ ਹਨ ਅਤੇ ਕਾਫ਼ਿਰਾਂ ਬਾਰੇ ਆਖਦੇ ਹਨ ਕਿ ਇਹ ਲੋਕ ਤਾਂ ਈਮਾਨ ਵਾਲਿਆਂ ਤੋਂ ਕਿਤੇ ਵੱਧ ਸਿੱਧੇ ਰਸਤੇ ਉੱਤੇ ਹਨ।

أَلَمْ تَرَ إِلَى الَّذِينَ أُوتُوا نَصِيبًا مِّنَ الْكِتَابِ يُؤْمِنُونَ بِالْجِبْتِ وَالطَّاغُوتِ وَيَقُولُونَ لِلَّذِينَ كَفَرُوا هَٰؤُلَاءِ أَهْدَىٰ مِنَ الَّذِينَ آمَنُوا سَبِيلًا ﴿٥١﴾

52. ਇਹੋ ਉਹ ਲੋਕ ਹਨ ਜਿਨ੍ਹਾਂ ਨੂੰ ਅੱਲਾਹ ਨੇ ਫਿਟਕਾਰਿਆ ਹੈ ਅਤੇ ਜਿਸ ਕਿਸੇ ਨੂੰ ਅੱਲਾਹ ਹੀ ਫਿਟਕਾਰ ਦੇਵੇ ਫਿਰ ਤੁਸੀਂ ਉਸ ਦਾ ਕੋਈ ਵੀ ਸਹਾਈ ਨਹੀਂ ਵੇਖੋਗੇ।

أُولَٰئِكَ الَّذِينَ لَعَنَهُمُ اللَّهُ ۖ وَمَن يَلْعَنِ اللَّهُ فَلَن تَجِدَ لَهُ نَصِيرًا ﴿٥٢﴾

53. ਕੀ ਰਾਜ ਸੱਤਾ ਵਿਚ ਉਹਨਾਂ (ਦੇ ਝੂਠੇ ਇਸ਼ਟਾਂ) ਦਾ ਕੋਈ ਹਿੱਸਾ ਹੈ? (ਜੇ ਇੰਜ ਹੁੰਦਾ) ਤਾਂ ਇਹ ਕਿਸੇ ਨੂੰ ਇਕ ਕਾਣੀ ਕੌਡੀ ਵੀ ਨਾ ਦਿੰਦੇ।

أَمْ لَهُمْ نَصِيبٌ مِّنَ الْمُلْكِ فَإِذًا لَّا يُؤْتُونَ النَّاسَ نَقِيرًا ﴿٥٣﴾

54. ਕੀ ਇਹ ਲੋਕਾਂ ਤੋਂ ਇਸ ਲਈ ਈਰਖਾ ਰੱਖਦੇ ਹਨ ਕਿ ਅੱਲਾਹ ਨੇ ਆਪਣੇ ਫ਼ਜ਼ਲਾਂ ਨਾਲ ਉਨ੍ਹਾਂ ਨੂੰ ਨਿਵਾਜ਼ਿਆ ਹੋਇਆ ਹੈ? ਸੋ ਅਸੀਂ ਤਾਂ ਇਬਰਾਹੀਮ ਦੀ ਸੰਤਾਨ ਨੂੰ ਕਿਤਾਬ (ਤੌਰੈਤ, ਇੰਜੀਲ) ਦਿੱਤੀ ਤੇ ਸੂਝ-ਬੂਝ ਪ੍ਰਦਾਨ ਕੀਤੀ ਅਤੇ ਬਹੁਤ ਵੱਡਾ ਰਾਜ ਪਾਟ ਵੀ ਬਖ਼ਸ਼ਿਆ ਸੀ।

أَمْ يَحْسُدُونَ النَّاسَ عَلَىٰ مَا آتَاهُمُ اللَّهُ مِن فَضْلِهِ ۖ فَقَدْ آتَيْنَا آلَ إِبْرَاهِيمَ الْكِتَابَ وَالْحِكْمَةَ وَآتَيْنَاهُم مُّلْكًا عَظِيمًا ﴿٥٤﴾

55. ਫੇਰ ਉਹਨਾਂ ਵਿੱਚੋਂ ਕੁੱਝ ਲੋਕਾਂ ਨੇ ਤਾਂ (ਕਿਤਾਬ ਦੇ ਹੁਕਮਾਂ) ਨੂੰ ਮੰਨਿਆ ਅਤੇ ਕੁੱਝ (ਕਹਿਣਾ ਮੰਨਣ

فَمِنْهُم مَّنْ آمَنَ بِهِ وَمِنْهُم مَّن صَدَّ عَنْهُ ۚ وَكَفَىٰ بِجَهَنَّمَ سَعِيرًا ﴿٥٥﴾

---

[1] ਤਾਗੂਤ ਤੋਂ ਭਾਵ ਝੂਠੇ ਇਸ਼ਟ ਹਨ। ਭਾਵ ਹਰ ਉਹ ਚੀਜ਼, ਛੁੱਟ ਅੱਲਾਹ ਤੋਂ ਜਿਸ ਦੀ ਇਬਾਦਤ ਕੀਤੀ ਜਾਵੇ ਜਾਂ ਭਰੋਸਾ ਕੀਤਾ ਜਾਵੇ ਜਾਂ ਮਦਦ ਮੰਗੀ ਜਾਵੇ, ਉਹ ਤਾਗੂਤ ਹੈ, ਪਰ ਸੰਸਾਰਿਕ ਕੰਮਾਂ ਵਿਚ ਕਿਸੇ ਦੀ ਮਦਦ ਕਰਨਾ ਇਸ ਵਿਚ ਸ਼ਾਮਿਲ ਨਹੀਂ, ਕਿਉਂ ਜੋ ਭਲਾਈ ਦੇ ਕੰਮਾਂ ਵਿਚ ਸਹਿਯੋਗ ਦੇਣਾ ਅਤੇ ਬੁਰੇ ਕੰਮਾਂ ਵਿਚ ਸਾਥ ਨਾ ਦੇਣਾ ਸ਼ਰੀਅਤ ਦਾ ਹੁਕਮ ਹੈ। ਵੇਖੋ ਹਾਸ਼ੀਆ ਸੂਰਤ ਅਲ-ਬਕਰਹ, ਆਇਤ 257/2

ਤੋਂ) ਰੁਕ ਗਏ। ਉਹਨਾਂ ਲਈ ਨਰਕ ਦੀ ਭੜਕਦੀ ਹੋਈ ਅੱਗ ਹੀ ਬਥੇਰੀ ਹੈ।[1]

56 ਜਿਨ੍ਹਾਂ ਲੋਕਾਂ ਨੇ ਸਾਡੀਆਂ (ਰੱਬ ਦੀਆਂ) ਆਇਤਾਂ (ਆਦੇਸ਼ਾਂ) ਦਾ ਇਨਕਾਰ ਕੀਤਾ ਉਹਨਾਂ ਨੂੰ ਛੇਤੀ ਹੀ ਅਸੀਂ (ਨਰਕ ਦੀ) ਅੱਗ ਵਿਚ ਸੁਟਾਂਗੇ ਜਦੋਂ (ਅੱਗ ਵਿਚ) ਉਹਨਾਂ ਦੇ ਸਰੀਰ ਦੀਆਂ ਚਮੜੀਆਂ ਸੜ ਜਾਣਗੀਆਂ ਤਾਂ ਅਸੀਂ ਉਹਨਾਂ ਦੀ ਚਮੜੀ ਨੂੰ ਦੂਜੀ ਚਮੜੀ ਨਾਲ ਬਦਲ ਦੇਵਾਂਗੇ ਤਾਂ ਜੋ ਉਹ ਅਜ਼ਾਬ ਦਾ ਸੁਆਦ ਲੈਂਦੇ ਰਹਿਣ। ਬੇਸ਼ੱਕ ਅੱਲਾਹ ਵਾਡੀ ਸਮਰਥਾ ਰੱਖਦਾ ਹੈ ਅਤੇ ਹਿਕਮਤ ਵਾਲਾ ਹੈ।

إِنَّ الَّذِينَ كَفَرُوا بِآيَاتِنَا سَوْفَ نُصْلِيهِمْ نَارًا ۖ
كُلَّمَا نَضِجَتْ جُلُودُهُمْ بَدَّلْنَاهُمْ جُلُودًا غَيْرَهَا
لِيَذُوقُوا الْعَذَابَ ۗ إِنَّ اللَّهَ كَانَ عَزِيزًا حَكِيمًا ﴿٥٦﴾

57 ਅਤੇ ਜਿਹੜੇ ਲੋਕ ਈਮਾਨ ਲਿਆਏ ਅਤੇ ਉਹਨਾਂ ਨੇ ਨੇਕ ਤੇ ਭਲੇ ਕੰਮ ਵੀ ਕੀਤੇ ਅਸਾਂ ਉਹਨਾਂ ਨੂੰ ਛੇਤੀ ਹੀ ਉਹਨਾਂ ਸਵਰਗਾਂ ਵਿਚ ਲੈ ਜਾਵਾਂਗੇ, ਜਿਨ੍ਹਾਂ ਦੇ ਹੇਠ ਨਹਿਰਾਂ ਵਗਦੀਆਂ ਹਨ, ਜਿੱਥੇ ਉਹ ਸਦਾ ਲਈ ਰਹਿਣਗੇ। ਉੱਥੇ ਉਹਨਾਂ ਲਈ ਪਵਿੱਤਰ ਪਤਨੀਆਂ ਹੋਣਗੀਆਂ। ਅਸੀਂ ਉਹਨਾਂ (ਪਤਨੀਆਂ) ਨੂੰ ਵੀ ਸੰਘਣੀ ਛਾਂ ਵਿਚ ਲੈ ਜਾਵਾਂਗੇ।[2]

وَالَّذِينَ آمَنُوا وَعَمِلُوا الصَّالِحَاتِ سَنُدْخِلُهُمْ
جَنَّاتٍ تَجْرِي مِنْ تَحْتِهَا الْأَنْهَارُ خَالِدِينَ
فِيهَا أَبَدًا ۖ لَهُمْ فِيهَا أَزْوَاجٌ مُطَهَّرَةٌ ۖ
وَنُدْخِلُهُمْ ظِلًّا ظَلِيلًا ﴿٥٧﴾

58. ਅੱਲਾਹ ਤੁਹਾਨੂੰ ਹੁਕਮ ਦਿੰਦਾ ਹੈ ਕਿ ਅਮਾਨਤਾਂ ਨੂੰ ਉਹਨਾਂ ਦੇ ਹੱਕਦਾਰਾਂ ਦੇ ਹਵਾਲੇ ਕਰੋ ਅਤੇ ਜਦੋਂ (ਲੋਕਾਂ ਵਿਚਾਲੇ) ਫ਼ੈਸਲਾ ਕਰੋ ਤਾਂ ਇਨਸਾਫ਼ ਵਾਲਾ ਫ਼ੈਸਲਾ ਕਰੋ। ਉਹ ਗੱਲ ਬਹੁਤ ਹੀ ਵਧੀਆ ਹੈ ਜਿਸ ਦੀ ਨਸੀਹਤ ਅੱਲਾਹ ਤੁਹਾਨੂੰ ਕਰ ਰਿਹਾ ਹੈ। ਬੇਸ਼ੱਕ

إِنَّ اللَّهَ يَأْمُرُكُمْ أَنْ تُؤَدُّوا الْأَمَانَاتِ إِلَىٰ
أَهْلِهَا وَإِذَا حَكَمْتُمْ بَيْنَ النَّاسِ أَنْ
تَحْكُمُوا بِالْعَدْلِ ۚ إِنَّ اللَّهَ نِعِمَّا يَعِظُكُمْ
بِهِ ۗ إِنَّ اللَّهَ كَانَ سَمِيعًا بَصِيرًا ﴿٥٨﴾

---

1 ਅੱਲਾਹ ਤਆਲਾ ਦੀਆਂ ਨਾਜ਼ਿਲ ਕੀਤੀਆਂ ਹੋਈਆਂ ਕਿਤਾਬਾਂ ਉੱਤੇ ਈਮਾਨ ਲਿਆਉਣਾ ਈਮਾਨ ਦੀ ਮੁਢਲੀ ਸ਼ਰਤ ਹੈ। ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

2 ਨਬੀ ਕਰੀਮ ਸ: ਨੇ ਫ਼ਰਮਾਇਆ, ਜੰਨਤ ਵਿਚ ਇਕ ਅਜਿਹਾ ਦਰਖ਼ਤ ਵੀ ਹੈ ਜਿਸ ਦੀ ਛਾਇਆ ਵਿਚ ਜੇ ਸਵਾਰ ਚਲਦਾ ਰਹੇ ਤਾਂ ਸੌ ਸਾਲਾਂ ਤਕ ਚੱਲਣ 'ਤੇ ਵੀ ਉਸ ਦੀ ਛਾਇਆ ਖ਼ਤਮ ਨਹੀਂ ਹੋਵੇਗੀ। (ਸਹੀ ਬੁਖ਼ਾਰੀ, ਹਦੀਸ: 3251)

12

ਅੱਲਾਹ ਤੁਹਾਡੀਆਂ ਸਾਰੀਆਂ ਗੱਲਾਂ ਸੁਣਦਾ ਹੈ ਅਤੇ ਸਾਰੇ ਕੰਮ ਵੇਖ ਰਿਹਾ ਹੈ।

59. ਹੇ ਈਮਾਨ ਵਾਲਿਓ! ਤੁਸੀਂ ਅੱਲਾਹ ਅਤੇ ਉਸ ਦੇ ਰਸੂਲ ਦੇ ਹੁਕਮਾਂ ਦੀ ਪਾਲਣਾ ਕਰੋ ਅਤੇ ਤੁਹਾਡੇ ਵਿੱਚੋਂ ਜਿਹੜੇ (ਅੱਲਾਹ ਅਤੇ ਰਸੂਲ ਹਜ਼ਰਤ ਮੁਹੰਮਦ ਸ: ਦੇ ਆਗਿਆਕਾਰੀ) ਹਾਕਮ ਹਨ ਉਹਨਾਂ ਦੀ ਆਗਿਆ ਦੀ ਪਾਲਣਾ ਕਰੋ। ਫੇਰ ਜੇਕਰ ਤੁਹਾਡਾ ਕਿਸੇ ਗੱਲ 'ਤੇ ਆਪਸ ਵਿਚ ਕੋਈ ਮਤਭੇਦ ਹੋ ਜਾਵੇ ਤਾਂ ਉਸ ਨੂੰ (ਫ਼ੈਸਲੇ ਲਈ) ਅੱਲਾਹ ਤੇ ਉਸ ਦੇ ਰਸੂਲ ਵੱਲ ਲੈ ਜਾਓ, ਜੇਕਰ ਤੁਸੀਂ ਸੱਚ ਮੁੱਚ ਅੱਲਾਹ ਅਤੇ ਕਿਆਮਤ ਦੇ ਦਿਨ ਉੱਤੇ ਈਮਾਨ ਰੱਖਦੇ ਹੋ, ਮਤਭੇਦ ਦੂਰ ਕਰਨ ਦਾ ਇਹੋ ਵਧੀਆ ਤਰੀਕਾ ਹੈ ਅਤੇ ਸਿੱਟੇ ਪੱਖੋਂ ਵੀ ਬਹੁਤ ਹੀ ਵਧੀਆ ਹੈ।

يَٰٓأَيُّهَا ٱلَّذِينَ ءَامَنُوٓا۟ أَطِيعُوا۟ ٱللَّهَ وَأَطِيعُوا۟ ٱلرَّسُولَ
وَأُو۟لِى ٱلْأَمْرِ مِنكُمْ ۖ فَإِن تَنَٰزَعْتُمْ فِى شَىْءٍ
فَرُدُّوهُ إِلَى ٱللَّهِ وَٱلرَّسُولِ إِن كُنتُمْ تُؤْمِنُونَ
بِٱللَّهِ وَٱلْيَوْمِ ٱلْءَاخِرِ ۚ ذَٰلِكَ خَيْرٌ وَأَحْسَنُ
تَأْوِيلًا ۝٥٩

60. (ਹੇ ਨਬੀ!) ਕੀ ਤੁਸੀਂ ਉਹਨਾਂ ਲੋਕਾਂ ਨੂੰ ਨਹੀਂ ਵੇਖਿਆ ਜਿਨ੍ਹਾਂ ਦਾ ਦਾਅਵਾ ਤਾਂ ਇਹੋ ਹੈ ਕਿ ਜੋ ਵੀ ਤੁਹਾਡੇ 'ਤੇ ਉਤਾਰਿਆ ਗਿਆ (ਕੁਰਆਨ) ਹੈ ਅਤੇ ਜੋ ਤੁਹਾਥੋਂ ਪਹਿਲਾਂ (ਅਕਾਸ਼ੀ ਕਿਤਾਬਾਂ) ਉਤਾਰੀਆਂ ਗਈਆਂ ਹਨ ਸਾਡਾ ਉਹਨਾਂ ਸਭ 'ਤੇ ਈਮਾਨ ਹੈ, ਪ੍ਰੰਤੂ ਚਾਹੁੰਦੇ ਇਹ ਹਨ ਕਿ ਆਪਣੇ ਫ਼ੈਸਲੇ ਸ਼ੈਤਾਨ ਦੇ ਚੇਲਿਆਂ ਤੋਂ ਕਰਵਾਉਣ ਜਦੋਂ ਕਿ ਉਹਨਾਂ ਨੂੰ ਹੁਕਮ ਦਿੱਤਾ ਗਿਆ ਸੀ ਕਿ ਅਜਿਹੇ ਸ਼ੈਤਾਨਾਂ (ਰੱਬ ਦੇ ਬਾਗ਼ੀਆਂ) ਨੂੰ ਮੰਣਨ ਤੋਂ ਇਨਕਾਰ ਕਰਨ, ਜਦ ਕਿ ਸ਼ੈਤਾਨ ਤਾਂ ਇਹੋ ਚਾਹੁੰਦਾ ਹੈ ਕਿ ਇਹਨਾਂ (ਮੋਮਿਨਾਂ) ਨੂੰ ਸਿੱਧੇ ਰਾਹ ਤੋਂ ਹਟਾ ਕੇ ਦੂਰ ਲੈ ਜਾਵੇ।[1]

أَلَمْ تَرَ إِلَى ٱلَّذِينَ يَزْعُمُونَ أَنَّهُمْ ءَامَنُوا۟
بِمَآ أُنزِلَ إِلَيْكَ وَمَآ أُنزِلَ مِن قَبْلِكَ
يُرِيدُونَ أَن يَتَحَاكَمُوٓا۟ إِلَى ٱلطَّٰغُوتِ
وَقَدْ أُمِرُوٓا۟ أَن يَكْفُرُوا۟ بِهِۦ ۖ وَيُرِيدُ
ٱلشَّيْطَٰنُ أَن يُضِلَّهُمْ ضَلَٰلًۢا بَعِيدًا ۝٦٠

---

[1] ਇਹ ਤੇ ਇਸ ਤੋਂ ਬਾਅਦ ਵਾਲੀ ਆਇਤ ਉਹਨਾਂ ਲੋਕਾਂ ਦੇ ਸੰਬੰਧ ਵਿਚ ਹੈ ਜਿਹੜੇ ਆਪਣੇ ਮਾਮਲੇ ਮੁਹੰਮਦ ਸ: ਦੀ ਅਦਾਲਤ ਵਿਚ ਨਹੀਂ ਲੈਕੇ ਜਾਂਦੇ ਸਨ, ਸਗੋਂ ਯਹੂਦੀਆਂ ਜਾਂ ਕੁਰੈਸ਼ ਦੇ ਸਰਦਾਰਾਂ ਕੋਲ ਲੈਕੇ ਜਾਂਦੇ ਸਨ। ਇ

وَإِذَا قِيلَ لَهُمْ تَعَالَوْا إِلَىٰ مَا أَنزَلَ اللَّهُ
وَإِلَى الرَّسُولِ رَأَيْتَ الْمُنَافِقِينَ يَصُدُّونَ
عَنكَ صُدُودًا (61)

61. ਜਦੋਂ ਇਹਨਾਂ ਨੂੰ ਕਿਹਾ ਜਾਂਦਾ ਕਿ ਅੱਲਾਹ ਵੱਲੋਂ ਉਤਾਰੇ ਹੋਏ ਕੁਰਆਨ ਵੱਲ ਅਤੇ ਰਸੂਲ (ਮੁਹੰਮਦ ਸ: ਦੇ ਆਦੇਸ਼ਾਂ) ਵੱਲ ਆਓ ਤਾਂ ਤੁਸੀਂ ਵੇਖੋਗੇ ਕਿ ਇਹ ਮੁਨਾਫ਼ਿਕ ਤੁਹਾਡੇ ਵੱਲ ਆਉਣ ਤੋਂ ਕੰਨੀ ਕਤਰਾਉਂਦੇ ਹਨ।

فَكَيْفَ إِذَا أَصَابَتْهُم مُّصِيبَةٌ بِمَا قَدَّمَتْ
أَيْدِيهِمْ ثُمَّ جَاءُوكَ يَحْلِفُونَ ۖ بِاللَّهِ إِنْ
أَرَدْنَا إِلَّا إِحْسَانًا وَتَوْفِيقًا (62)

62 ਫੇਰ ਉਸ ਸਮੇਂ ਕੀ ਹਾਲ ਹੁੰਦਾ ਹੈ ਜਦੋਂ ਇਹਨਾਂ ਦੇ ਆਪਣੇ ਹੱਥੀਂ ਸਹੇੜੀ ਹੋਈ ਮੁਸੀਬਤ ਇਹਨਾਂ 'ਤੇ ਆ ਪੈਂਦੀ ਹੈ? ਤਾਂ ਫੇਰ ਤੁਹਾਡੇ ਕੋਲ ਆ ਕੇ (ਅੱਲਾਹ ਦੀਆਂ ਕਸਮਾਂ ਖਾਂਦੇ ਹੋਏ) ਆਖਦੇ ਹਨ ਕਿ ਰੱਬ ਦੀ ਸੁੰਹ ਸਾਡਾ ਇਰਾਦਾ ਤਾਂ ਕੇਵਲ ਭਲਾਈ ਤੇ ਆਪਸੀ ਮੇਲ-ਜੋਲ ਕਰਵਾਉਣਾ ਸੀ।

أُولَٰئِكَ الَّذِينَ يَعْلَمُ اللَّهُ مَا فِي قُلُوبِهِمْ
فَأَعْرِضْ عَنْهُمْ وَعِظْهُمْ وَقُل لَّهُمْ فِي
أَنفُسِهِمْ قَوْلًا بَلِيغًا (63)

63 ਇਹ ਉਹ ਲੋਕ ਹਨ ਕਿ ਜਿਨ੍ਹਾਂ ਦੇ ਦਿਲਾਂ ਦੇ ਭੇਤ ਅੱਲਾਹ ਭਲੀ ਭਾਂਤ ਜਾਣਦਾ ਹੈ ਕਿ ਇਹਨਾਂ ਦੇ ਦਿਲਾਂ ਵਿਚ ਕੀ ਹੈ? (ਇਸ ਲਈ ਹੇ ਨਬੀ.) ਤੁਸੀਂ ਇਹਨਾਂ ਦੀਆਂ ਗੱਲਾਂ ਵੱਲ ਧਿਆਨ ਨਾ ਦਿਓ ਅਤੇ ਇਹਨਾਂ ਨੂੰ ਅਜਿਹੀਆਂ ਨਸੀਹਤਾਂ ਕਰੋ ਜਿਹੜੀਆਂ ਇਹਨਾਂ ਦੇ ਦਿਲਾਂ ਨੂੰ ਪ੍ਰਭਾਵਿਤ ਕਰਨ।

وَمَا أَرْسَلْنَا مِن رَّسُولٍ إِلَّا لِيُطَاعَ بِإِذْنِ
اللَّهِ ۚ وَلَوْ أَنَّهُمْ إِذ ظَّلَمُوا أَنفُسَهُمْ جَاءُوكَ
فَاسْتَغْفَرُوا اللَّهَ وَاسْتَغْفَرَ لَهُمُ الرَّسُولُ
لَوَجَدُوا اللَّهَ تَوَّابًا رَّحِيمًا (64)

64 ਅਸੀਂ ਹਰੇਕ ਰਸੂਲ ਨੂੰ ਕੇਵਲ ਇਸੇ ਲਈ ਭੇਜਿਆ ਕਿ ਅੱਲਾਹ ਦੇ ਹੁਕਮਾਂ ਅਨੁਸਾਰ ਉਹਨਾਂ ਦੀ ਤਾਬੇਦਾਰੀ ਕੀਤੀ ਜਾਵੇ। ਜਦ ਇਹਨਾਂ ਲੋਕਾਂ ਨੇ ਆਪਣੀਆਂ ਜਾਨਾਂ 'ਤੇ ਜ਼ੁਲਮ ਕੀਤਾ ਸੀ ਜੇ ਉਹ ਤੁਹਾਡੇ ਕੋਲ ਆ ਜਾਂਦੇ ਅਤੇ ਅੱਲਾਹ ਤੋਂ ਆਪਣੇ ਗੁਨਾਹਾਂ ਦੀ ਮੁਆਫ਼ੀ ਮੰਗਦੇ ਅਤੇ ਰਸੂਲ ਵੀ ਉਹਨਾਂ ਲਈ ਮੁਆਫ਼ੀ ਲਈ ਬੇਨਤੀ ਕਰਦਾ ਤਾਂ ਇਹ ਲੋਕ ਅੱਲਾਹ ਨੂੰ ਮੁਆਫ਼ ਕਰਨ ਵਾਲਾ ਅਤੇ ਬਹੁਤ ਹੀ ਮਿਹਰਬਾਨੀ ਕਰਨ ਵਾਲਾ ਵੇਖਦੇ।

ਇਸ ਦਾ ਹੁਕਮ ਆਮ ਹੈ ਅੱਜ ਇਸ ਵਿਚ ਉਹ ਸਾਰੇ ਲੋਕ ਸ਼ਾਮਿਲ ਹਨ ਜਿਹੜੇ ਕੁਰਆਨ ਤੇ ਸੁੰਨਤ ਨੂੰ ਛੱਡ ਕੇ ਆਪਣੇ ਫ਼ੈਸਲੇ ਦੂਜਿਆਂ ਤੋਂ ਕਰਵਾਉਂਦੇ ਹਨ।

65. (ਹੇ ਨਬੀ !) ਕਸਮ ਹੈ ਤੁਹਾਡੇ ਪਾਲਣਹਾਰ ਦੀ ! ਇਹ ਲੋਕ ਉਦੋਂ ਤਕ ਮੋਮਿਨ ਨਹੀਂ ਹੋ ਸਕਦੇ ਜਦੋਂ ਤਕ ਕਿ ਆਪਣੇ ਆਪਸ ਵਿਚਾਲੇ ਮਤਭੇਦਾਂ ਵਿਚ ਤੁਹਾਨੂੰ ਹੀ ਹਾਕਮ ਨਹੀਂ ਮੰਨ ਲੈਂਦੇ, ਫੇਰ ਜੋ ਵੀ ਫ਼ੈਸਲਾ ਤੁਸੀਂ ਕਰੋ ਉਸ ਲਈ ਆਪਣੇ ਦਿਲ ਵਿਚ ਕਿਸੇ ਪ੍ਰਕਾਰ ਦੀ ਕੋਈ ਤੰਗੀ ਮਹਿਸੂਸ ਨਾ ਕਰਨ, ਸਗੋਂ ਖਿੜੇ ਮੱਥੇ ਮਨ ਤੋਂ ਕਬੂਲ ਕਰਨ।

فَلَا وَرَبِّكَ لَا يُؤْمِنُونَ حَتَّىٰ يُحَكِّمُوكَ فِيمَا شَجَرَ
بَيْنَهُمْ ثُمَّ لَا يَجِدُوا فِي أَنفُسِهِمْ حَرَجًا مِّمَّا
قَضَيْتَ وَيُسَلِّمُوا تَسْلِيمًا ﴿٦٥﴾

66 ਜੇਕਰ ਅਸੀਂ ਉਹਨਾਂ ਲਈ (ਬਨੀ ਇਸਰਾਈਲ ਵਾਂਗ) ਫ਼ਰਜ਼ ਕਰ ਦਿੰਦੇ ਕਿ ਆਪਣੇ ਆਪ ਨੂੰ ਕਤਲ ਕਰ ਦਿਓ ਜਾਂ ਆਪਣੇ ਘਰਾਂ ਤੋਂ ਨਿਕਲ ਜਾਓ, ਤਾਂ ਇਹਨਾਂ ਵਿੱਚੋਂ ਬਹੁਤ ਹੀ ਘੱਟ ਲੋਕ ਕਹਿਣਾ ਮੰਨਦੇ। ਜੇਕਰ ਉਹ ਉਹੀਓ ਕੰਮ ਕਰਦੇ ਜਿਸ ਲਈ ਉਹਨਾਂ ਨੂੰ ਨਸੀਹਤ ਦਿੱਤੀ ਜਾਂਦੀ ਹੈ ਤਾਂ ਇਹ ਉਹਨਾਂ ਲਈ ਵਧੇਰੇ ਚੰਗੀ ਗੱਲ ਸੀ ਅਤੇ (ਧਰਮ ਵਿਚ) ਦ੍ਰਿੜ੍ਹਤਾ ਦਾ ਕਾਰਨ ਹੁੰਦਾ।

وَلَوْ أَنَّا كَتَبْنَا عَلَيْهِمْ أَنِ اقْتُلُوا أَنفُسَكُمْ
أَوِ اخْرُجُوا مِن دِيَارِكُم مَّا فَعَلُوهُ إِلَّا قَلِيلٌ
مِّنْهُمْ ۖ وَلَوْ أَنَّهُمْ فَعَلُوا مَا يُوعَظُونَ بِهِ لَكَانَ
خَيْرًا لَّهُمْ وَأَشَدَّ تَثْبِيتًا ﴿٦٦﴾

67. ਜੇ ਉਹ ਅਜਿਹਾ ਕਰਦੇ ਤਾਂ ਉਹਨਾਂ ਨੂੰ ਆਪਣੇ ਵੱਲੋਂ ਬਹੁਤ ਵੱਡਾ ਬਦਲਾ (ਦੁਨੀਆਂ ਤੇ ਆਖ਼ਿਰਤ ਦੀ ਭਲਾਈ) ਦਿੰਦੇ।

وَإِذًا لَّآتَيْنَاهُم مِّن لَّدُنَّا أَجْرًا عَظِيمًا ﴿٦٧﴾

68. ਅਤੇ ਲਾਜ਼ਮਨ ਉਹਨਾਂ ਨੂੰ ਸਿੱਧੇ ਰਾਹ ਤੋਰ ਦਿੰਦੇ।

وَلَهَدَيْنَاهُمْ صِرَاطًا مُّسْتَقِيمًا ﴿٦٨﴾

69. ਅਤੇ ਜਿਹੜੇ ਲੋਕੀ ਅੱਲਾਹ ਅਤੇ (ਉਸ ਦੇ) ਰਸੂਲ (ਸ') ਦੀ ਤਾਬੇਦਾਰੀ ਕਰਨਗੇ ਉਹ (ਕਿਆਮਤ ਵਾਲੇ ਦਿਨ) ਉਹਨਾਂ ਲੋਕਾਂ ਨਾਲ ਹੋਣਗੇ ਜਿਨ੍ਹਾਂ ਨੂੰ ਅੱਲਾਹ ਨੇ ਇਨਾਮ ਬਖ਼ਸ਼ੇ ਹਨ, ਜਿਵੇਂ ਨਬੀ, ਸਚਿਆਰੇ, ਸ਼ਹੀਦ ਅਤੇ ਸੁਹਣੇ ਅਮਲਾਂ ਵਾਲੇ ਲੋਕ ਹਨ, (ਜੰਨਤ ਵਿਚ) ਇਹੋ ਸਭ ਤੋਂ ਵਧੀਆ ਇਕ ਦੂਜੇ ਦੇ ਸਾਥੀ ਹੋਣਗੇ।

وَمَن يُطِعِ اللَّهَ وَالرَّسُولَ فَأُولَٰئِكَ مَعَ الَّذِينَ
أَنْعَمَ اللَّهُ عَلَيْهِم مِّنَ النَّبِيِّينَ وَالصِّدِّيقِينَ
وَالشُّهَدَاءِ وَالصَّالِحِينَ ۚ وَحَسُنَ أُولَٰئِكَ رَفِيقًا ﴿٦٩﴾

ذٰلِكَ الْفَضْلُ مِنَ اللّٰهِ ۚ وَكَفٰى بِاللّٰهِ عَلِيْمًا ﴿٧٠﴾

70. ਇਹ ਫ਼ਜ਼ਲ (ਮਿਹਰਾਂ) ਅੱਲਾਹ ਵੱਲੋਂ ਹਨ। ਸੱਚਾਈ ਨੂੰ ਜਾਣਨ ਲਈ ਅੱਲਾਹ ਦਾ ਗਿਆਨ ਹੀ ਬਥੇਰਾ ਹੈ।

يٰٓاَيُّهَا الَّذِيْنَ اٰمَنُوْا خُذُوْا حِذْرَكُمْ فَانْفِرُوْا
ثُبَاتٍ اَوِ انْفِرُوْا جَمِيْعًا ﴿٧١﴾

71. ਹੇ ਮੋਮਿਨੋ! ਤੁਸੀਂ (ਆਪਣੇ ਬਚਾਓ ਦਾ ਸਾਮਾਨ ਭਾਵ ਹਥਿਆਰ) ਚੁੱਕੀ ਰੱਖੋ, ਫ਼ੇਰ ਤੁਸੀਂ ਭਾਵੇਂ ਅੱਡ ਅੱਡ ਦਸਤਿਆਂ ਵਿਚ ਭਾਵੇਂ ਇਕੱਠੇ ਹੋ ਕੇ (ਜਿਹਾਦ ਲਈ) ਨਿੱਕਲੋ।

وَاِنَّ مِنْكُمْ لَمَنْ لَّيُبَطِّئَنَّ ۚ فَاِنْ اَصَابَتْكُمْ
مُّصِيْبَةٌ قَالَ قَدْ اَنْعَمَ اللّٰهُ عَلَيَّ اِذْ لَمْ
اَكُنْ مَّعَهُمْ شَهِيْدًا ﴿٧٢﴾

72. ਤੁਹਾਡੇ ਵਿੱਚੋਂ ਲਾਜ਼ਮਨ ਕੁੱਝ ਉਹ ਵੀ ਹਨ ਜਿਹੜੇ ਰੱਬ ਦੀ ਰਾਹ ਨਿੱਕਲਣ ਵਿਚ ਟਾਲ ਮਟੋਲ ਕਰਦੇ ਹਨ ਫੇਰ ਜੇ ਤੁਹਾਡੇ 'ਤੇ ਕੋਈ ਮਸੀਬਤ ਆਉਂਦੀ ਹੈ ਤਾਂ ਆਖਦੇ ਹਨ ਕਿ ਅੱਲਾਹ ਨੇ ਸਾਡੇ 'ਤੇ ਬੜੀ ਮਿਹਰ ਕੀਤੀ ਹੈ ਕਿ ਅਸੀਂ (ਲੜਾਈ ਵਿਚ) ਉਹਨਾਂ ਨਾਲ ਨਹੀਂ ਸੀ।

وَلَئِنْ اَصَابَكُمْ فَضْلٌ مِّنَ اللّٰهِ لَيَقُوْلَنَّ كَاَنْ لَّمْ
تَكُنْۢ بَيْنَكُمْ وَبَيْنَهٗ مَوَدَّةٌ يّٰلَيْتَنِيْ كُنْتُ مَعَهُمْ
فَاَفُوْزَ فَوْزًا عَظِيْمًا ﴿٧٣﴾

73 ਫੇਰ ਜੇ ਤੁਹਾਨੂੰ ਅੱਲਾਹ ਵੱਲੋਂ ਕੋਈ ਮਿਹਰ ਕ੍ਰਿਪਾ (ਲੜਾਈ ਵਿਚ ਜਿੱਤ) ਮਿਲ ਜਾਵੇ ਤਾਂ ਇੰਜ ਲੱਗਦਾ ਹੈ ਜਿਵੇਂ ਤੁਹਾਡੇ ਤੇ ਉਸ ਵਿਚਾਲੇ ਕੋਈ ਮੇਲ ਮਿਲਾਪ (ਰਿਸ਼ਤਾ) ਹੁੰਦਾ ਹੀ ਨਹੀਂ ਤੇ ਆਖਦੇ ਹਨ ਕਿ "ਕਾਸ਼ ਮੈਂ ਵੀ ਉਹਨਾਂ (ਮੋਮਿਨਾਂ ਨਾਲ ਲੜਾਈ ਵਿਚ) ਸ਼ਾਮਲ ਹੁੰਦਾ ਤਾਂ ਮੈਂ ਵੀ ਸਫ਼ਲਤਾ ਪ੍ਰਾਪਤ ਕਰਦਾ"।

فَلْيُقَاتِلْ فِيْ سَبِيْلِ اللّٰهِ الَّذِيْنَ يَشْرُوْنَ الْحَيٰوةَ
الدُّنْيَا بِالْاٰخِرَةِ ۚ وَمَنْ يُّقَاتِلْ فِيْ سَبِيْلِ اللّٰهِ
فَيُقْتَلْ اَوْ يَغْلِبْ فَسَوْفَ نُؤْتِيْهِ اَجْرًا عَظِيْمًا ﴿٧٤﴾

74. ਉਹ ਲੋਕ ਜਿਹੜੇ ਪਲੋਕ ਦੇ ਬਦਲੇ ਸੰਸਾਰਿਕ ਜੀਵਨ ਨੂੰ ਵੇਚ ਚੁੱਕੇ ਹਨ ਉਹਨਾਂ ਨੂੰ ਅੱਲਾਹ ਦੀ ਰਾਹ ਵਿਚ ਲੜਨਾ (ਜਿਹਾਦ ਕਰਨਾ) ਚਾਹੀਦਾ ਹੈ ਅਤੇ ਜਿਹੜਾ ਅੱਲਾਹ ਦੀ ਰਾਹ ਵਿਚ ਲੜਦਾ ਹੋਇਆ ਮਾਰਿਆ ਜਾਵੇ (ਸ਼ਹੀਦ ਹੋ ਜਾਵੇ) ਜਾਂ ਜਿੱਤ ਪ੍ਰਾਪਤ ਕਰੇ ਉਸ ਨੂੰ ਅਸੀਂ ਛੇਤੀ ਹੀ ਵੱਡਾ ਬਦਲਾ ਦੇਵਾਂਗੇ।

75. (ਹੇ ਮੁਸਲਮਾਨੋ!) ਤੁਹਾਨੂੰ ਕੀ ਹੋ ਗਿਆ ਹੈ ਕਿ ਤੁਸੀਂ ਅੱਲਾਹ ਦੀ ਰਾਹ ਵਿਚ ਉਹਨਾਂ ਕਮਜ਼ੋਰ ਤੇ ਬੇਵਸ ਮਰਦਾਂ, ਔਰਤਾਂ ਅਤੇ ਛੋਟੇ ਛੋਟੇ ਬੱਚਿਆਂ ਲਈ ਨਹੀਂ ਲੜਦੇ? ਜੋ ਬੇਨਤੀਆਂ ਕਰ ਰਹੇ ਹਨ ਕਿ ਹੇ ਸਾਡੇ ਰੱਬਾ! ਸਾਨੂੰ ਇਹਨਾਂ ਜ਼ਾਲਮਾਂ ਦੀ ਬਸਤੀ ਵਿੱਚੋਂ ਕੱਢ ਲੈ ਅਤੇ ਸਾਡੇ ਲਈ ਆਪਣੇ ਵੱਲੋਂ ਕੋਈ ਹਿਮਾਇਤੀ ਤੇ ਸਹਾਇਕ ਬਣਾ ਕੇ ਭੇਜ

وَمَا لَكُمْ لَا تُقَاتِلُونَ فِي سَبِيلِ اللَّهِ وَالْمُسْتَضْعَفِينَ
مِنَ الرِّجَالِ وَالنِّسَاءِ وَالْوِلْدَانِ الَّذِينَ يَقُولُونَ
رَبَّنَا أَخْرِجْنَا مِنْ هَٰذِهِ الْقَرْيَةِ الظَّالِمِ أَهْلُهَا
وَاجْعَلْ لَنَا مِنْ لَدُنْكَ وَلِيًّا وَاجْعَلْ لَنَا
مِنْ لَدُنْكَ نَصِيرًا ٧٥

76. ਜਿਹੜੇ ਲੋਕ ਈਮਾਨ ਰੱਖਦੇ ਹਨ ਉਹ ਅੱਲਾਹ ਦੀ ਰਾਹ ਵਿਚ ਲੜਦੇ ਹਨ ਅਤੇ ਜਿਨ੍ਹਾਂ ਨੇ ਕੁਫ਼ਰ ਕੀਤਾ ਹੈ ਉਹ ਤਾਗ਼ੂਤ[1] (ਸ਼ੈਤਾਨ) ਦੀ ਰਾਹ ਵਿਚ ਲੜਦੇ ਹਨ। ਇਸ ਲਈ ਤੁਸੀਂ (ਈਮਾਨ ਵਾਲਿਓ) ਸ਼ੈਤਾਨ ਦੇ ਹਿਮਾਇਤੀਆਂ ਨਾਲ ਜੰਗ ਕਰੋ, ਵਿਸ਼ਵਾਸ ਰੱਖੋ ਕਿ ਸ਼ੈਤਾਨ ਦੀਆਂ ਚਾਲਾਂ ਬਹੁਤ ਹੀ ਕਮਜ਼ੋਰ ਹਨ।

الَّذِينَ آمَنُوا يُقَاتِلُونَ فِي سَبِيلِ اللَّهِ ۖ وَالَّذِينَ
كَفَرُوا يُقَاتِلُونَ فِي سَبِيلِ الطَّاغُوتِ فَقَاتِلُوا
أَوْلِيَاءَ الشَّيْطَانِ ۖ إِنَّ كَيْدَ الشَّيْطَانِ كَانَ
ضَعِيفًا ٧٦

77. (ਹੇ ਨਬੀ!) ਕੀ ਤੁਸੀਂ ਉਹਨਾਂ ਲੋਕਾਂ ਨੂੰ ਨਹੀਂ ਵੇਖਿਆ ਜਿਨ੍ਹਾਂ ਨੂੰ ਹੁਕਮ ਦਿੱਤਾ ਗਿਆ ਸੀ ਕਿ ਆਪਣੇ ਹੱਥ (ਲੜਾਈ ਤੋਂ) ਰੋਕੀਂ ਰੱਖੋ, ਨਮਾਜ਼ਾਂ ਪੜ੍ਹਦੇ ਰਹੋ ਅਤੇ ਜ਼ਕਾਤ ਅਦਾ ਕਰੋ। ਫੇਰ ਜਦੋਂ ਉਹਨਾਂ ਨੂੰ ਲੜਾਈ ਦਾ ਹੁਕਮ ਦਿੱਤਾ ਗਿਆ ਤਾਂ ਉਸ ਵੇਲੇ ਉਹਨਾਂ ਵਿੱਚੋਂ ਇਕ ਟੋਲੀ ਕਾਫ਼ਿਰਾਂ ਤੋਂ ਇੰਜ ਡਰਨ ਲੱਗ ਪਈ ਜਿਵੇਂ ਅੱਲਾਹ ਤੋਂ ਡਰਦੀ ਹੋਵੇ, ਸਗੋਂ ਉਸ ਤੋਂ ਵੀ ਕੁੱਝ ਵੱਧ ਭੈ-ਭੀਤ ਸੀ ਅਤੇ ਕਹਿਣ ਲੱਗੇ ਕਿ "ਹੇ ਰੱਬ! ਸਾਡੇ ਉੱਤੇ ਜਿਹਾਦ ਕਰਨਾ ਫ਼ਰਜ਼ ਕਿਉਂ ਕੀਤਾ ਹੈ? ਕਿਉਂ ਨਾ ਸਾਨੂੰ ਥੋੜ੍ਹੀ ਹੋਰ ਜਿਉਣ ਦੀ ਮੋਹਲਤ ਦਿੱਤੀ?" (ਹੇ ਨਬੀ!) ਇਹਨਾਂ ਨੂੰ ਆਖ ਦਿਓ ਕਿ "ਸੰਸਾਰਿਕ

أَلَمْ تَرَ إِلَى الَّذِينَ قِيلَ لَهُمْ كُفُّوا أَيْدِيَكُمْ
وَأَقِيمُوا الصَّلَاةَ وَآتُوا الزَّكَاةَ فَلَمَّا كُتِبَ عَلَيْهِمُ
الْقِتَالُ إِذَا فَرِيقٌ مِنْهُمْ يَخْشَوْنَ النَّاسَ
كَخَشْيَةِ اللَّهِ أَوْ أَشَدَّ خَشْيَةً ۚ وَقَالُوا رَبَّنَا لِمَ
كَتَبْتَ عَلَيْنَا الْقِتَالَ لَوْلَا أَخَّرْتَنَا إِلَىٰ أَجَلٍ
قَرِيبٍ ۗ قُلْ مَتَاعُ الدُّنْيَا قَلِيلٌ وَالْآخِرَةُ
خَيْرٌ لِمَنِ اتَّقَىٰ وَلَا تُظْلَمُونَ فَتِيلًا ٧٧

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 51/3

ਲਾਭ ਤਾਂ ਬਹੁਤ ਹੀ ਥੋੜ੍ਹਾ ਹੈ ਅਤੇ ਰੱਬ ਤੋਂ ਡਰਨ ਵਾਲਿਆਂ ਲਈ ਤਾਂ ਪ੍ਰਲੋਕ ਹੀ ਵਧੇਰੇ ਚੰਗੀ ਹੈ ਅਤੇ (ਉਸ ਦਿਨ) ਤੁਹਾਡੇ ਉੱਤੇ ਇਕ ਧਾਗੇ ਬਰਾਬਰ (ਭਾਵ ਭੋਰਾ ਭਰ) ਵੀ ਜ਼ੁਲਮ ਨਹੀਂ ਕੀਤਾ ਜਾਵੇਗਾ।”

78 (ਰਹਿ ਗਈ ਮੌਤ) ਤੁਸੀਂ ਜਿੱਥੇ ਕਿਤੇ ਵੀ ਹੋਵੋਂਗੇ ਉੱਥੇ ਹੀ ਮੌਤ ਤੁਹਾਨੂੰ ਨੱਪ ਲਵੇਗੀ ਭਾਵੇਂ ਤੁਸੀਂ ਕਿੰਨੇ ਵੀ ਮਜ਼ਬੂਤ ਕਿਲਿਆਂ ਵਿਚ ਕਿਉਂ ਨਾ ਹੋਵੋ। ਜੇ ਉਹਨਾਂ ਨੂੰ ਕੋਈ ਲਾਭ ਹੁੰਦਾ ਹੈ ਤਾਂ ਆਖਦੇ ਹਨ ਕਿ ਇਹ ਅੱਲਾਹ ਵੱਲੋਂ ਹੈ ਪ੍ਰੰਤੂ ਜੇ ਕੋਈ ਹਾਨੀ ਹੁੰਦੀ ਹੈ ਤਾਂ ਕਹਿੰਦੇ ਹਨ ਕਿ (ਹੇ ਨਬੀ!) ਇਹ ਤੁਹਾਡੇ ਕਾਰਨ ਹੈ (ਇਸ ਲਈ ਤੁਸੀਂ) ਇਹਨਾਂ (ਮੁਨਾਫ਼ਿਕਾਂ) ਨੂੰ ਕਹਿ ਦਿਓ ਕਿ ਇਹ ਸਭ ਕੁੱਝ (ਘਾਟਾ-ਵਾਧਾ) ਅੱਲਾਹ ਵੱਲੋਂ ਹੀ ਹੈ। ਇਹਨਾਂ ਲੋਕਾਂ ਨੂੰ ਕੀ ਹੋ ਗਿਆ ਹੈ ਕਿ ਕੋਈ ਗੱਲ ਸਮਝਦੇ ਹੀ ਨਹੀਂ?

أَيْنَ مَا تَكُونُوا يُدْرِكْكُمُ الْمَوْتُ وَلَوْ كُنْتُمْ
فِي بُرُوجٍ مُشَيَّدَةٍ ۗ وَإِنْ تُصِبْهُمْ حَسَنَةٌ يَقُولُوا
هَٰذِهِ مِنْ عِنْدِ اللَّهِ ۖ وَإِنْ تُصِبْهُمْ سَيِّئَةٌ
يَقُولُوا هَٰذِهِ مِنْ عِنْدِكَ ۚ قُلْ كُلٌّ مِنْ عِنْدِ
اللَّهِ ۖ فَمَالِ هَٰؤُلَاءِ الْقَوْمِ لَا يَكَادُونَ يَفْقَهُونَ
حَدِيثًا ﴿٧٨﴾

79 ਹੇ ਲੋਕੋ! ਤੁਹਾਨੂੰ ਜਿਹੜੀ ਵੀ ਭਲਾਈ ਪ੍ਰਾਪਤ ਹੁੰਦੀ ਹੈ ਉਹ ਸਭ ਅੱਲਾਹ ਵੱਲੋਂ ਹੀ ਹੈ ਅਤੇ ਜਿਹੜੀ ਬੁਰਾਈ ਪੱਲੇ ਪੈਂਦੀ ਹੈ ਉਹ ਤੁਹਾਡੀਆਂ ਆਪਣੀਆਂ ਕਰਨੀਆਂ ਕਾਰਨ ਹੈ। (ਹੇ ਨਬੀ!) ਅਸੀਂ ਤੁਹਾਨੂੰ ਸਾਰੇ ਹੀ ਲੋਕਾਂ ਲਈ ਰਸੂਲ ਬਣਾ ਕੇ ਘੱਲਿਆ ਹੈ ਅਤੇ ਇਸ ਲਈ ਅੱਲਾਹ ਦੀ ਗਵਾਹੀ ਕਾਫ਼ੀ ਹੈ।

مَا أَصَابَكَ مِنْ حَسَنَةٍ فَمِنَ اللَّهِ ۖ وَمَا أَصَابَكَ
مِنْ سَيِّئَةٍ فَمِنْ نَفْسِكَ ۚ وَأَرْسَلْنَاكَ لِلنَّاسِ
رَسُولًا ۚ وَكَفَىٰ بِاللَّهِ شَهِيدًا ﴿٧٩﴾

80 ਜਿਸ ਨੇ ਵੀ ਰਸੂਲ (ਹਜ਼ਰਤ ਮੁਹੰਮਦ ਸ:) ਦੀ ਤਾਬੇਦਾਰੀ ਕੀਤੀ ਉਸ ਨੇ ਅੱਲਾਹ ਦੀ ਤਾਬੇਦਾਰੀ[1] ਕੀਤੀ ਜਿਹੜਾ (ਨਬੀ ਦੀ ਤਾਬੇਦਾਰੀ

مَنْ يُطِعِ الرَّسُولَ فَقَدْ أَطَاعَ اللَّهَ ۖ وَمَنْ تَوَلَّىٰ
فَمَا أَرْسَلْنَاكَ عَلَيْهِمْ حَفِيظًا ﴿٨٠﴾

---

1 ਅਬੂ-ਹੁਰੈਰਾ ਰ:ਅ: ਦੱਸਦੇ ਹਨ ਕਿ ਨਬੀ ਕਰੀਮ ਸ: ਨੇ ਫ਼ਰਮਾਇਆ ਜਿਸ ਨੇ ਮੇਰੀ ਅਤਾਅਤ (ਆਗਿਆਕਾਰੀ) ਕੀਤੀ ਉਸ ਨੇ ਅੱਲਾਹ ਦੀ ਆਗਿਆਕਾਰੀ ਕੀਤੀ ਜਿਸ ਨੇ ਮੇਰੀ ਨਾ-ਫ਼ਰਮਾਨੀ ਕੀਤੀ ਉਸ ਨੇ ਅੱਲਾਹ ਦੀ ਨਾ-ਫ਼ਰਮਾਨੀ ਕੀਤੀ ਐਵੇਂ ਹੀ ਜਿਸ ਨੇ ਮੇਰੇ ਵੱਲੋਂ ਨਿਯਤ ਕੀਤੇ ਹਾਕਮ ਦੀ ਅਤਾਅਤ ਕੀਤੀ ਉਸ ਨੇ ਮੇਰੀ

ਤੋਂ) ਮੂੰਹ ਮੋੜੇਗਾ (ਤਾਂ ਉਹ ਮੋੜ ਲਵੇ) (ਹੇ ਨਬੀ!) ਅਸੀਂ ਤੁਹਾਨੂੰ ਕੋਈ ਪਹਿਰੇਦਾਰ ਬਣਾ ਕੇ ਤਾਂ ਨਹੀਂ ਘੱਲਿਆ।

وَيَقُولُونَ طَاعَةٌ فَإِذَا بَرَزُوا مِنْ عِنْدِكَ
بَيَّتَ طَائِفَةٌ مِنْهُمْ غَيْرَ الَّذِي تَقُولُ ۖ
وَاللَّهُ يَكْتُبُ مَا يُبَيِّتُونَ ۖ فَأَعْرِضْ عَنْهُمْ
وَتَوَكَّلْ عَلَى اللَّهِ ۚ وَكَفَىٰ بِاللَّهِ وَكِيلًا ﴿٨١﴾

81. ਇਹ (ਮੁਨਾਫ਼ਿਕ) ਕਹਿੰਦੇ ਹਨ, ਕਿ ਸਾਡਾ ਕੰਮ ਤਾਂ ਫ਼ਰਮਾਂਬਰਦਾਰੀ ਕਰਨਾ ਹੈ, ਪ੍ਰੰਤੂ ਜਦੋਂ ਤੁਹਾਡੇ ਕੋਲੋਂ (ਹੇ ਨਬੀ!) ਉੱਠ ਆਉਂਦੇ ਹਨ ਤਾਂ ਇਹਨਾਂ ਵਿੱਚੋਂ ਹੀ ਇਕ ਟੋਲਾ ਰਾਤ ਨੂੰ ਇਕੱਠਿਆਂ ਹੋ ਕੇ ਤੁਹਾਡੀਆਂ ਕਹੀਆਂ ਹੋਈਆਂ ਗੱਲਾਂ ਦੇ ਵਿਰੁੱਧ ਸਲਾਹ ਮਸ਼ਵਰੇ ਕਰਦਾ ਹੈ। ਉਹਨਾਂ ਦੋਆਂ ਇਹਨਾਂ ਰਾਤ ਦੀਆਂ ਸਾਜ਼ਿਸ਼ਾਂ ਨੂੰ ਅੱਲਾਹ ਲਿੱਖ ਰਿਹਾ ਹੈ। ਸੋ ਤੁਸੀਂ ਉਹਨਾਂ ਦੀ ਪਰਵਾਹ ਨਾ ਕਰੋ ਅਤੇ ਅੱਲਾਹ ਉੱਤੇ ਭਰੋਸਾ ਰੱਖੋ, ਅੱਲਾਹ ਹੀ ਸਾਰੇ ਕਾਰਜ ਸਵਾਰਣ ਵਾਲਾ ਹੈ।

أَفَلَا يَتَدَبَّرُونَ الْقُرْآنَ ۚ وَلَوْ كَانَ مِنْ عِنْدِ
غَيْرِ اللَّهِ لَوَجَدُوا فِيهِ اخْتِلَافًا كَثِيرًا ﴿٨٢﴾

82 ਕੀ ਇਹ (ਮੁਨਾਫ਼ਿਕ ਤੇ ਕਾਫ਼ਿਰ) ਕੁਰਆਨ 'ਤੇ ਸੋਚ ਵਿਚਾਰ ਨਹੀਂ ਕਰਦੇ? ਜੇਕਰ ਇਹ ਅੱਲਾਹ ਤੋਂ ਛੁੱਟ ਕਿਸੇ ਹੋਰ ਵੱਲੋਂ ਹੁੰਦਾ ਤਾਂ ਇਸ ਵਿਚ ਬਹੁਤ ਕੁੱਝ ਮਤਭੇਦ ਵੇਖਣ ਨੂੰ ਮਿਲਦੇ।

وَإِذَا جَاءَهُمْ أَمْرٌ مِنَ الْأَمْنِ أَوِ الْخَوْفِ أَذَاعُوا
بِهِ ۖ وَلَوْ رَدُّوهُ إِلَى الرَّسُولِ وَإِلَىٰ أُولِي الْأَمْرِ
مِنْهُمْ لَعَلِمَهُ الَّذِينَ يَسْتَنْبِطُونَهُ مِنْهُمْ ۗ
وَلَوْلَا فَضْلُ اللَّهِ عَلَيْكُمْ وَرَحْمَتُهُ لَاتَّبَعْتُمُ
الشَّيْطَانَ إِلَّا قَلِيلًا ﴿٨٣﴾

83 ਜਦੋਂ ਇਹਨਾਂ (ਮੁਨਾਫ਼ਿਕਾਂ) ਲੋਕਾਂ ਨੂੰ ਕੋਈ ਅਮਨ ਸ਼ਾਂਤੀ ਜਾਂ ਡਰ ਖੌਫ਼ (ਨੁਕਸਾਨ) ਵਾਲੀ ਖ਼ਬਰ ਮਿਲਦੀ ਹੈ ਇਹ ਉਸ ਨੂੰ ਫੈਲਾ ਦਿੰਦੇ ਹਨ ਜਦੋਂ ਕਿ ਜੇ ਇਹ ਲੋਕ (ਇਸੇ ਖ਼ਬਰ ਨੂੰ) ਰਸੂਲ ਜਾਂ ਆਪਣੇ ਵਿੱਚੋਂ ਹੀ ਕਿਸੇ ਜ਼ਿੰਮੇਵਾਰਾਂ ਤੀਕ ਪਹੁੰਚਾ ਦਿੰਦੇ ਜਿਹੜੇ ਉਸ ਦੇ ਠੀਕ-ਠਾਕ ਨਤੀਜੇ ਤੀਕ ਪਹੁੰਚਣ ਦੀ ਯੋਗਤਾ ਰੱਖਦੇ ਹਨ ਤਾਂ ਉਸ ਦੀ ਅਸਲੀਅਤ ਪਤਾ ਚਲ ਜਾਂਦੀ ਅਤੇ ਜੇਕਰ ਅੱਲਾਹ

ਤਾਬੇਦਾਰੀ ਕੀਤੀ ਅਤੇ ਜਿਸ ਨੇ ਉਸ ਦੀ ਨਾ-ਫ਼ਰਮਾਨੀ ਕੀਤੀ, ਉਸ ਨੇ ਮੇਰੀ ਨਾ-ਫ਼ਰਮਾਨੀ ਕੀਤੀ। (ਸਹੀ ਬੁਖ਼ਾਰੀ, ਹਦੀਸ 7137)

ਦਾ ਫ਼ਜ਼ਲ ਅਤੇ ਉਸ ਦੀਆਂ ਮਿਹਰਾਂ ਤੁਹਾਡੇ 'ਤੇ ਨਾ ਹੁੰਦੀਆਂ ਤਾਂ ਤੁਹਾਡੇ ਵਿੱਚੋਂ ਕੁੱਝ ਇਕ ਲੋਕਾਂ ਤੋਂ ਛੁੱਟ ਸਾਰੇ ਹੀ ਸ਼ੈਤਾਨ ਦੇ ਪਿੱਛੇ ਲੱਗ ਜਾਂਦੇ।

84. ਸੋ (ਹੇ ਨਬੀ!) ਤੁਸੀਂ ਅੱਲਾਹ ਦੀ ਰਾਹ ਵਿਚ (ਜ਼ਾਲਮ ਤੇ ਕਾਫ਼ਿਰਾਂ ਵਿਰੁੱਧ) ਲੜਦੇ ਰਹੋ, ਤੁਹਾਨੂੰ ਆਪਣੀ ਜ਼ਾਤ ਤੋਂ ਛੁੱਟ ਕਿਸੇ ਹੋਰ ਲਈ ਜ਼ਿੰਮੇਵਾਰ ਨਹੀਂ ਬਣਾਇਆ ਗਿਆ। ਹਾਂ! ਈਮਾਨ ਵਾਲਿਆਂ ਨੂੰ ਲੜਣ ਲਈ ਅਵੱਸ਼ ਪ੍ਰੇਰਿਤ ਕਰੋ, ਹੋ ਸਕਦਾ ਹੈ ਕਿ ਅੱਲਾਹ ਕਾਫ਼ਿਰਾਂ ਨੂੰ ਜੰਗ ਤੋਂ ਰੋਕ ਦੇਵੇ। ਅੱਲਾਹ ਲੜਾਈ ਵਿਚ ਵੀ ਸਖ਼ਤ ਹੈ ਅਤੇ ਸਜ਼ਾ ਦੇਣ ਵਿਚ ਵੀ ਸਖ਼ਤ ਹੈ।

فَقَاتِلْ فِي سَبِيلِ اللَّهِ لَا تُكَلَّفُ إِلَّا نَفْسَكَ
وَحَرِّضِ الْمُؤْمِنِينَ عَسَى اللَّهُ أَن يَكُفَّ بَأْسَ
الَّذِينَ كَفَرُوا وَاللَّهُ أَشَدُّ بَأْسًا وَأَشَدُّ تَنكِيلًا ٨٤

85 ਜਿਹੜਾ ਵੀ ਕੋਈ ਭਲਾਈ ਜਾਂ ਨੇਕ ਕੰਮਾਂ ਦੀ ਸਿਫ਼ਾਰਸ਼ ਕਰੇਗਾ ਉਸ ਨੂੰ ਉਸ ਵਿੱਚੋਂ ਹਿੱਸਾ ਮਿਲੇਗਾ ਅਤੇ ਜਿਹੜਾ ਬੁਰਾਈ ਤੇ ਮਾੜੇ ਕੰਮਾਂ ਦੀ ਸਿਫ਼ਾਰਸ਼ ਕਰੇਗਾ ਉਸ ਲਈ ਉਸੇ ਵਿਚ ਹਿੱਸਾ ਹੈ ਅਤੇ ਅੱਲਾਹ ਹਰੇਕ ਚੀਜ਼ 'ਤੇ ਆਪਣੀ ਪਕੜ ਰੱਖਦਾ ਹੈ।

مَّن يَشْفَعْ شَفَاعَةً حَسَنَةً يَكُن لَّهُ نَصِيبٌ مِّنْهَا
وَمَن يَشْفَعْ شَفَاعَةً سَيِّئَةً يَكُن لَّهُ كِفْلٌ مِّنْهَا
وَكَانَ اللَّهُ عَلَىٰ كُلِّ شَيْءٍ مُّقِيتًا ٨٥

86 ਅਤੇ ਜਦੋਂ ਕੋਈ ਤੁਹਾਨੂੰ ਸਲਾਮ ਕਰੇ ਤਾਂ ਉਸ ਨੂੰ ਵਧੀਆ ਢੰਗ ਨਾਲ ਜਵਾਬ ਦਿਓ ਜਾਂ (ਘੱਟੋ-ਘੱਟ) ਉਸੇ ਤਰ੍ਹਾਂ ਦੇ ਸ਼ਬਦਾਂ ਨੂੰ ਦੁਹਰਾ ਦੇਵੋ।[1] ਬੇਸ਼ੱਕ ਅੱਲਾਹ ਹਰੇਕ ਗੱਲ ਦਾ ਹਿਸਾਬ ਲੈਣ ਵਾਲਾ ਹੈ।

وَإِذَا حُيِّيتُم بِتَحِيَّةٍ فَحَيُّوا بِأَحْسَنَ مِنْهَا أَوْ رُدُّوهَا
إِنَّ اللَّهَ كَانَ عَلَىٰ كُلِّ شَيْءٍ حَسِيبًا ٨٦

---

[1] ਹਦੀਸ ਵਿਚ ਹੈ ਕਿ ਨਬੀ ਕਰੀਮ ਸ: ਨੇ ਫ਼ਰਮਾਇਆ "ਅੱਲਾਹ ਨੇ ਆਦਮ ਨੂੰ ਉਸ ਦੀ ਸ਼ਕਲ ਵਿਚ ਪੈਦਾ ਕੀਤਾ ਉਹਨਾਂ ਦਾ ਕੱਦ ਸੱਠ ਹੱਥ ਸੀ।" ਜਦੋਂ ਅੱਲਾਹ ਨੇ ਉਹਨਾਂ ਨੂੰ ਪੈਦਾ ਕਰ ਦਿੱਤਾ ਤਾਂ ਆਖਿਆ ਉਹ ਫ਼ਰਿਸ਼ਤਿਆਂ ਦੀ ਇਕ ਟੋਲੀ ਬੈਠੀ ਹੈ, ਜਾਓ ਉਹਨਾਂ ਨੂੰ ਸਲਾਮ ਕਰੋ ਅਤੇ ਸੁਣੋ ਜੋ ਉਹ ਕਹਿੰਦੇ ਹਨ, ਫੇਰ ਉਹੀਓ ਤੇਰੇ ਅਤੇ ਤੇਰੀ ਔਲਾਦ ਦਾ ਸਲਾਮ ਹੋਵੇਗਾ ਤਾਂ ਹਜ਼ਰਤ ਆਦਮ ਨੇ ਫ਼ਰਿਸ਼ਤਿਆਂ ਨੂੰ ਕਿਹਾ "ਅੱਸਲਾਮੁ ਅਲੈਕੁਮ" ਤਾਂ ਉਹਨਾਂ ਨੇ ਜਵਾਬ ਦਿੱਤਾ "ਅੱਸਲਾਮੁ ਅਲੈਕਮ ਵਰਹਮਤੁੱਲਾਹ"। ਇੰਜ ਉਹਨਾਂ ਨੇ ਸ਼ਬਦ "ਰਹਮਤੁੱਲਾਹ" ਵਧਾ ਦਿੱਤੇ। ਨਬੀ ਕਰੀਮ ਸ: ਨੇ ਫ਼ਰਮਾਇਆ ਜਿਹੜਾ ਵੀ ਜੰਨਤ ਵਿਚ ਜਾਵੇਗਾ ਤਾਂ ਉਹ ਹਜ਼ਰਤ ਆਦਮ ਵਰਗਾ ਸੱਠ ਹੱਥ ਲੰਮਾ ਹੋਵੇਗਾ ਅਤੇ ਆਦਮ ਤੋਂ ਬਾਅਦ ਲੋਕਾਂ ਦਾ ਕੱਦ ਛੋਟਾ ਹੁੰਦਾ ਗਿਆ ਅਤੇ ਇਹ ਸਿਲਸਿਲਾ ਅਜੇ ਵੀ ਜਾਰੀ ਹੈ। (ਸਹੀ ਬੁਖ਼ਾਰੀ, ਹਦੀਸ: 6227)

87 ਅੱਲਾਹ ਉਹ ਹੈ ਜਿਸ ਤੋਂ ਛੁੱਟ ਹੋਰ ਕੋਈ ਵੀ ਇਸ਼ਟ ਨਹੀਂ। ਉਹ ਤੁਹਾਨੂੰ ਸਭ ਨੂੰ ਕਿਆਮਤ ਵਾਲੇ ਦਿਨ ਜਮਾਂ ਕਰੇਗਾ ਜਿਸ ਦੇ ਆਉਣ ਵਿਚ ਕੋਈ ਸ਼ੱਕ ਨਹੀਂ। ਅੱਲਾਹ ਤੋਂ ਵੱਧ ਸੱਚਾ ਕੌਣ ਹੈ?

اَللّٰهُ لَآ اِلٰهَ اِلَّا هُوَ ۭ لَيَجْمَعَنَّكُمْ اِلٰى يَوْمِ الْقِيٰمَةِ لَا رَيْبَ فِيْهِ ۭ وَمَنْ اَصْدَقُ مِنَ اللّٰهِ حَدِيْثًا ۝

88. (ਹੇ ਮੁਸਲਮਾਨੋ!) ਤੁਹਾਨੂੰ ਕੀ ਹੋ ਗਿਆ ਹੈ ਕਿ ਮੁਨਾਫ਼ਿਕਾਂ ਬਾਰੇ ਤੁਹਾਡੇ ਵਿਚਕਾਰ ਦੋ ਗਰੋਹ ਬਣ ਗਏ ਹਨ? ਉਹਨਾਂ (ਮੁਨਾਫ਼ਿਕਾਂ) ਨੂੰ ਤਾਂ ਅੱਲਾਹ ਨੇ ਉਹਨਾਂ ਦੀਆਂ ਆਪਣੀਆਂ ਹੀ ਕਰਤੂਤਾਂ ਕਾਰਨ ਪੁੱਠਾ ਕਰ ਛੱਡਿਆ ਹੈ। ਕੀ ਤੁਸੀਂ ਇਹ ਚਾਹੁੰਦੇ ਹੋ ਕਿ ਅੱਲਾਹ ਵੱਲੋਂ ਕੁਰਾਹੇ ਪਏ ਹੋਇਆਂ ਨੂੰ ਤੁਸੀਂ ਸਿੱਧੇ ਰਾਹ ਪਾ ਦਿਓ? ਪਰ ਜਿਸ ਨੂੰ ਅੱਲਾਹ ਨੇ ਹੀ ਰਾਹੋਂ ਕੁਰਾਹੇ ਪਾ ਦਿੱਤਾ ਹੋਵੇ ਤੁਸੀਂ ਉਸ ਲਈ ਕੋਈ ਰਸਤਾ ਨਹੀਂ ਲੱਭ ਸਕਦੇ।

فَمَا لَكُمْ فِي الْمُنٰفِقِيْنَ فِئَتَيْنِ وَاللّٰهُ اَرْكَسَهُمْ بِمَا كَسَبُوْا ۭ اَتُرِيْدُوْنَ اَنْ تَهْدُوْا مَنْ اَضَلَّ اللّٰهُ ۭ وَمَنْ يُّضْلِلِ اللّٰهُ فَلَنْ تَجِدَ لَهٗ سَبِيْلًا ۝

89 ਇਹਨਾਂ (ਮੁਨਾਫ਼ਿਕਾਂ) ਦੀ ਚਾਹਤ ਤਾਂ ਇਹ ਹੈ ਕਿ ਜਿਵੇਂ ਉਹ ਆਪ ਕਾਫ਼ਿਰ ਹਨ ਉਸੇ ਤਰ੍ਹਾਂ ਤੁਸੀਂ ਵੀ ਕੁਫ਼ਰ ਕਰਨ ਲੱਗ ਜਾਓ ਤਾਂ ਜੋ ਤੁਸੀਂ ਅਤੇ ਉਹ ਸਭ ਇੱਕੋ ਬਰਾਬਰ ਹੋ ਜਾਣ। ਸੋ ਜਦੋਂ ਤਕ ਇਹ ਅੱਲਾਹ ਦੀ ਰਾਹ ਵਿਚ ਹਿਜਰਤ ਨਹੀਂ ਕਰਦੇ, ਤੁਸੀਂ ਇਹਨਾਂ ਵਿੱਚੋਂ ਕਿਸੇ ਨੂੰ ਵੀ ਆਪਣਾ ਮਿੱਤਰ ਨਾ ਬਣਾਓ, ਫੇਰ ਜੇਕਰ ਉਹ ਇਸ (ਹਿਜਰਤ) ਤੋਂ ਮੂੰਹ ਮੋੜਦੇ ਹਨ ਤਾਂ ਫੇਰ ਜਿੱਥੇ ਵੀ ਉਹ ਤੁਹਾਡੇ ਹੱਥ ਲੱਗਣ ਉੱਥੇ ਹੀ ਉਹਨਾਂ ਨੂੰ ਕਤਲ ਕਰ ਦਿਓ। ਖ਼ਬਰਦਾਰ! ਇਹਨਾਂ ਵਿੱਚੋਂ ਕਿਸੇ ਨੂੰ ਵੀ ਆਪਣਾ ਦੋਸਤ ਤੇ ਸਹਾਈ ਨਾ ਬਣਾਓ।

وَدُّوْا لَوْ تَكْفُرُوْنَ كَمَا كَفَرُوْا فَتَكُوْنُوْنَ سَوَاۗءً فَلَا تَتَّخِذُوْا مِنْهُمْ اَوْلِيَاۗءَ حَتّٰى يُهَاجِرُوْا فِيْ سَبِيْلِ اللّٰهِ ۭ فَاِنْ تَوَلَّوْا فَخُذُوْهُمْ وَاقْتُلُوْهُمْ حَيْثُ وَجَدْتُّمُوْهُمْ ۠ وَلَا تَتَّخِذُوْا مِنْهُمْ وَلِيًّا وَّلَا نَصِيْرًا ۝

90. ਕੇਵਲ ਉਹਨਾਂ ਲੋਕਾਂ ਨੂੰ ਇਸ ਹੁਕਮ ਤੋਂ ਛੂਟ ਹੈ ਜਿਹੜੇ ਉਸ ਕੌਮ ਨਾਲ ਸੰਬੰਧ ਰੱਖਦੇ ਹੋਣ, ਜਿਨ੍ਹਾਂ ਨਾਲ ਤੁਹਾਡੀ ਸੰਧੀ ਹੋ ਚੁੱਕੀ ਹੈ ਜਾਂ ਤੁਹਾਡੇ ਕੋਲ ਇਸ ਹਾਲਤ ਵਿਚ ਆਉਣ ਕਿ ਲੜਾਈ ਤੋਂ ਤੰਗ ਆ ਚੁੱਕੇ ਹਨ, ਉਹ ਤੁਹਾਡੇ ਨਾਲ ਵੀ ਲੜਣ ਤੋਂ ਬਚਦੇ ਹਨ ਅਤੇ ਆਪਣੀ ਕੌਮ ਨਾਲ ਵੀਂ ਲੜਣ ਤੋਂ ਬਚਦੇ ਹਨ। ਜੇਕਰ ਅੱਲਾਹ ਚਾਹੁੰਦਾ ਤਾਂ ਇਹਨਾਂ ਕਾਫ਼ਿਰਾਂ ਨੂੰ ਤੁਹਾਡੇ 'ਤੇ ਭਾਰੂ ਕਰ ਦਿੰਦਾ ਅਤੇ ਫੇਰ ਉਹ ਲਾਜ਼ਮਨ ਤੁਹਾਡੇ ਨਾਲ ਜੰਗ ਕਰਦੇ, ਇਸ ਲਈ ਜੇ ਇਹ ਮੁਨਾਫ਼ਿਕ ਲੋਕ ਤੁਹਾਥੋਂ ਕੰਨੀ ਖਾਣ ਅਤੇ ਲੜਾਈ ਕਰਨ ਤੋਂ ਬਚਣ ਅਤੇ ਤੁਹਾਡੇ ਵੱਲ ਸੁਲਾਹ ਤੇ ਸ਼ਾਂਤੀ ਦਾ ਹੱਥ ਵਧਾਉਣ ਤਾਂ ਅੱਲਾਹ ਨੇ ਤੁਹਾਡੇ ਲਈ ਉਹਨਾਂ ਮੁਨਾਫ਼ਿਕਾਂ ਨਾਲ ਲੜਣ ਦੀ ਕੋਈ ਰਾਹ ਨਹੀਂ ਛੱਡੀ।

إِلَّا الَّذِينَ يَصِلُونَ إِلَىٰ قَوْمٍ بَيْنَكُمْ وَبَيْنَهُمْ
مِّيثَاقٌ أَوْ جَاءُوكُمْ حَصِرَتْ صُدُورُهُمْ أَن
يُقَاتِلُوكُمْ أَوْ يُقَاتِلُوا قَوْمَهُمْ ۚ وَلَوْ شَاءَ اللَّهُ
لَسَلَّطَهُمْ عَلَيْكُمْ فَلَقَاتَلُوكُمْ ۚ فَإِنِ اعْتَزَلُوكُمْ فَلَمْ
يُقَاتِلُوكُمْ وَأَلْقَوْا إِلَيْكُمُ السَّلَمَ فَمَا جَعَلَ
اللَّهُ لَكُمْ عَلَيْهِمْ سَبِيلًا ﴿٩٠﴾

91. ਤੁਹਾਨੂੰ ਕੁੱਝ ਅਜਿਹੇ (ਮੁਨਾਫ਼ਿਕ) ਵੀ ਮਿਲਣਗੇ ਜਿਹੜੇ ਚਾਹੁੰਦੇ ਹਨ ਕਿ ਤੁਹਾਡੇ ਨਾਲ ਵੀ ਸ਼ਾਂਤੀ ਨਾਲ ਰਹਿਣ ਅਤੇ ਆਪਣੀ ਕੌਮ ਨਾਲ ਵੀ ਅਮਨ ਨਾਲ ਰਹਿਣ। ਪ੍ਰੰਤੂ ਜਦੋਂ ਫ਼ਸਾਦ ਕਰਨ ਦਾ ਮੌਕਾ ਮਿਲਦਾ ਹੈ ਤਾਂ ਉਸ ਵਿਚ ਕੁੱਦ ਪੈਂਦੇ ਹਨ। ਜੇ ਇਹ ਲੋਕ ਤੁਹਾਡੇ ਟਾਕਰੇ ਤੋਂ ਨਹੀਂ ਰੁਕਦੇ ਅਤੇ ਨਾ ਹੀ ਤੁਹਾਡੇ ਨਾਲ ਕੋਈ ਸੁਲਾਹ ਦੀ ਪੇਸ਼ਕਸ਼ ਕਰਨ ਤੇ ਨਾ ਹੀ (ਲੜਾਈ ਤੋਂ) ਆਪਣੇ ਹੱਥ ਰੋਕਣ ਤਾਂ ਉਹ ਜਿੱਥੇ ਵੀ ਤੁਹਾਨੂੰ ਮਿਲਣ ਉਹਨਾਂ ਨੂੰ ਫੜੋ ਅਤੇ ਕਤਲ ਕਰ ਦਿਓ। ਇਹ ਉਹ ਲੋਕ ਹਨ ਜਿਨ੍ਹਾਂ ਉੱਤੇ (ਹੱਥ ਚੁੱਕਣ ਲਈ) ਅਸੀਂ ਤੁਹਾਨੂੰ ਖੁੱਲੀ ਛੂਟ ਦਿੱਤੀ ਹੈ।

سَتَجِدُونَ آخَرِينَ يُرِيدُونَ أَن يَأْمَنُوكُمْ وَ
يَأْمَنُوا قَوْمَهُمْ كُلَّمَا رُدُّوا إِلَى الْفِتْنَةِ أُرْكِسُوا
فِيهَا ۚ فَإِن لَّمْ يَعْتَزِلُوكُمْ وَيُلْقُوا إِلَيْكُمُ السَّلَمَ
وَيَكُفُّوا أَيْدِيَهُمْ فَخُذُوهُمْ وَاقْتُلُوهُمْ حَيْثُ
ثَقِفْتُمُوهُمْ ۚ وَأُولَٰئِكُمْ جَعَلْنَا لَكُمْ عَلَيْهِمْ
سُلْطَانًا مُّبِينًا ﴿٩١﴾

92. ਕਿਸੇ ਵੀ ਮੋਮਿਨ ਲਈ ਇਹ ਜਾਇਜ਼ ਨਹੀਂ ਕਿ ਉਹ ਦੂਜੇ ਮੋਮਿਨ ਦਾ ਕਤਲ ਕਰੇ ਪ੍ਰੰਤੂ ਜੇ ਗ਼ਲਤੀ ਜਾਂ ਭੁਲੇਖੇ ਵਿਚ ਹੋ ਜਾਵੇ (ਤਾਂ ਵੱਖਰੀ ਗੱਲ ਹੈ)। ਜੇ ਕੋਈ ਵਿਅਕਤੀ ਕਿਸੇ ਮੁਸਲਮਾਨ ਨੂੰ ਗ਼ਲਤੀ ਨਾਲ ਕਤਲ ਕਰ ਦੇਵੇ ਤਾਂ ਇਸ ਲਈ ਇਕ ਮੁਸਲਮਾਨ ਗ਼ੁਲਾਮ ਆਜ਼ਾਦ ਕਰਨਾ ਅਤੇ ਮ੍ਰਿਤਕ ਦੇ ਵਾਰਸਾਂ ਨੂੰ ਕਤਲ ਕਰਨ ਦਾ ਜ਼ਿਦਿਯਾ (ਅਰਥ-ਦੰਡ) ਦੇਣਾ ਲਾਜ਼ਮੀ ਹੈ, ਹਾਂ ਜੇ ਵਾਰਸ ਮੁਆਫ਼ ਕਰ ਦੇਣ ਤਾਂ ਗੱਲ ਵੱਖਰੀ ਹੈ। ਜੇ ਕਤਲ ਹੋਣ ਵਾਲਾ ਵਿਅਕਤੀ ਤੁਹਾਡੀ ਦੁਸ਼ਮਨ ਕੌਮ ਵਿੱਚੋਂ ਹੈ, ਪ੍ਰੰਤੂ ਹੈ ਉਹ ਮੁਸਲਮਾਨ, ਤਾਂ ਕੇਵਲ ਇਕ ਮੁਸਲਮਾਨ ਗ਼ੁਲਾਮ ਨੂੰ ਆਜ਼ਾਦ ਕਰਨਾ ਜ਼ਰੂਰੀ ਹੈ, ਜੇਕਰ ਕਤਲ ਉਸ ਕੌਮ ਦੇ ਵਿਅਕਤੀ ਦਾ ਹੋਇਆ ਹੈ ਜਿਸ ਨਾਲ ਤੁਹਾਡੀ ਸੰਧੀ ਹੋਵੇ ਤਾਂ (ਉਸ ਦੇ ਵਾਰਸਾਂ ਨੂੰ) ਅਰਥ ਦੰਡ ਦੇਣਾ ਲਾਜ਼ਮੀ ਹੈ ਅਤੇ ਇਕ ਮੁਸਲਮਾਨ ਗ਼ੁਲਾਮ ਨੂੰ ਆਜ਼ਾਦ ਕਰਨਾ ਵੀ ਜ਼ਰੂਰੀ ਹੈ ਫੇਰ ਜਿਸ ਨੂੰ ਗ਼ੁਲਾਮ ਨਾ ਮਿਲੇ ਉਸ ਦੇ ਜ਼ਿੰਮੇ ਦੋ ਮਹੀਨਿਆਂ ਦੇ ਲਗਾਤਾਰ ਰੋਜ਼ੇ ਰੱਖਣਾ ਜ਼ਰੂਰੀ ਹੈ (ਇਹ ਸਭ ਕੁੱਝ) ਅੱਲਾਹ ਤੋਂ ਆਪਣੇ ਗੁਨਾਹ ਬਖ਼ਸ਼ਵਾਉਣ ਲਈ ਹੀ ਹੈ ਅਤੇ ਅੱਲਾਹ (ਸਭ ਕੁੱਝ) ਜਾਣਨ ਵਾਲਾ ਅਤੇ ਦਾਨਾਈ ਤੇ ਸੂਝ-ਬੂਝ ਵਾਲਾ ਹੈ।

وَمَا كَانَ لِمُؤْمِنٍ أَنْ يَقْتُلَ مُؤْمِنًا إِلَّا خَطَأً ۚ
وَمَنْ قَتَلَ مُؤْمِنًا خَطَأً فَتَحْرِيرُ رَقَبَةٍ
مُؤْمِنَةٍ وَدِيَةٌ مُسَلَّمَةٌ إِلَىٰ أَهْلِهِ إِلَّا
أَنْ يَصَّدَّقُوا ۚ فَإِنْ كَانَ مِنْ قَوْمٍ عَدُوٍّ
لَكُمْ وَهُوَ مُؤْمِنٌ فَتَحْرِيرُ رَقَبَةٍ مُؤْمِنَةٍ ۖ
وَإِنْ كَانَ مِنْ قَوْمٍ بَيْنَكُمْ وَبَيْنَهُمْ مِيثَاقٌ
فَدِيَةٌ مُسَلَّمَةٌ إِلَىٰ أَهْلِهِ وَتَحْرِيرُ رَقَبَةٍ
مُؤْمِنَةٍ ۖ فَمَنْ لَمْ يَجِدْ فَصِيَامُ شَهْرَيْنِ
مُتَتَابِعَيْنِ تَوْبَةً مِنَ اللَّهِ ۗ وَكَانَ اللَّهُ
عَلِيمًا حَكِيمًا ﴿٩٢﴾

93. ਜਿਹੜਾ ਵੀ ਕਿਸੇ ਮੁਸਲਮਾਨ ਨੂੰ ਜਾਣ ਬੁੱਝ ਕੇ ਕਤਲ ਕਰਦਾ ਹੈ ਉਸ ਦੀ ਸਜ਼ਾ ਨਰਕ ਹੈ, ਜਿੱਥੇ ਉਹ ਸਦਾ ਲਈ ਰਹੇਗਾ, ਉਸ ਉੱਤੇ ਅੱਲਾਹ ਦਾ ਗ਼ਜ਼ਬ (ਕਰੋਪ) ਤੇ ਉਸ ਦੀ ਲਾਅਨਤ ਹੋਵੇਗੀ।

وَمَنْ يَقْتُلْ مُؤْمِنًا مُتَعَمِّدًا فَجَزَاؤُهُ جَهَنَّمُ
خَالِدًا فِيهَا وَغَضِبَ اللَّهُ عَلَيْهِ وَلَعَنَهُ
وَأَعَدَّ لَهُ عَذَابًا عَظِيمًا ﴿٩٣﴾

ਅੱਲਾਹ ਨੇ ਉਸ ਲਈ ਵੱਡਾ ਕਰੜਾ ਅਜ਼ਾਬ ਤਿਆਰ ਕਰ ਛੱਡਿਆ ਹੈ।[1]

يَٰٓأَيُّهَا ٱلَّذِينَ ءَامَنُوٓاْ إِذَا ضَرَبۡتُمۡ فِي سَبِيلِ
ٱللَّهِ فَتَبَيَّنُواْ وَلَا تَقُولُواْ لِمَنۡ أَلۡقَىٰٓ إِلَيۡكُمُ ٱلسَّلَٰمَ
لَسۡتَ مُؤۡمِنٗا تَبۡتَغُونَ عَرَضَ ٱلۡحَيَوٰةِ ٱلدُّنۡيَا
فَعِندَ ٱللَّهِ مَغَانِمُ كَثِيرَةٞۚ كَذَٰلِكَ كُنتُم
مِّن قَبۡلُ فَمَنَّ ٱللَّهُ عَلَيۡكُمۡ فَتَبَيَّنُوٓاْۚ إِنَّ
ٱللَّهَ كَانَ بِمَا تَعۡمَلُونَ خَبِيرٗا ﴿٩٤﴾

94. ਹੇ ਈਮਾਨ ਵਾਲਿਓ! ਜਦੋਂ ਤੁਸੀਂ ਅੱਲਾਹ ਦੀ ਰਾਹ ਵਿਚ (ਲੜਣ ਲਈ) ਜਾ ਰਹੇ ਹੋ ਤਾਂ ਮਿੱਤਰ ਤੇ ਵੈਰੀ ਵਿਚ ਫ਼ਰਕ ਕਰ ਲਿਆ ਕਰੋ, ਜੇ ਤੁਹਾਨੂੰ ਕੋਈ ਸਲਾਮ ਕਰੇ ਤਾਂ ਉਸ ਨੂੰ ਇਹ ਨਾ ਕਹੋ ਕਿ ਤੂੰ ਤਾਂ ਈਮਾਨ ਵਾਲਾ ਹੀ ਨਹੀਂ। ਜੇ ਤੁਸੀਂ ਸੰਸਾਰਿਕ ਲਾਭ ਚਾਹੁੰਦੇ ਹੋ ਤਾਂ ਅੱਲਾਹ ਕੋਲ ਤੁਹਾਡੇ ਲਈ ਬਥੇਰੀਆਂ ਗ਼ਨੀਮਤਾਂ ਦੇ ਮਾਲ ਹਨ। ਪਹਿਲਾਂ ਤੁਸੀਂ ਵੀ (ਹੇ ਮੁਸਲਮਾਨੋ!) ਅਜਿਹੀ ਸਥਿਤੀ ਵਿਚ ਵਸੇ ਰਹਿ ਚੁੱਕੇ ਹੋ। ਫੇਰ ਅੱਲਾਹ ਨੇ ਤੁਹਾਡੇ ਉੱਤੇ ਅਹਿਸਾਨ ਕੀਤਾ (ਤੁਸੀਂ ਈਮਾਨ ਲੈ ਆਏ) ਇਸ ਲਈ ਤੁਸੀਂ ਜਾਂਚ ਪਰਖ ਤੋਂ ਕੰਮ ਲਿਆ ਕਰੋ। ਬੇਸ਼ੱਕ ਅੱਲਾਹ ਤੁਹਾਡੇ ਸਾਰੇ ਅਮਲਾਂ ਨੂੰ ਭਲੀ-ਭਾਂਤ ਜਾਣਦਾ ਹੈ।

لَّا يَسۡتَوِي ٱلۡقَٰعِدُونَ مِنَ ٱلۡمُؤۡمِنِينَ غَيۡرُ
أُوْلِي ٱلضَّرَرِ وَٱلۡمُجَٰهِدُونَ فِي سَبِيلِ ٱللَّهِ
بِأَمۡوَٰلِهِمۡ وَأَنفُسِهِمۡۚ فَضَّلَ ٱللَّهُ ٱلۡمُجَٰهِدِينَ
بِأَمۡوَٰلِهِمۡ وَأَنفُسِهِمۡ عَلَى ٱلۡقَٰعِدِينَ دَرَجَةٗۚ
وَكُلّٗا وَعَدَ ٱللَّهُ ٱلۡحُسۡنَىٰۚ وَفَضَّلَ ٱللَّهُ ٱلۡمُجَٰهِدِينَ
عَلَى ٱلۡقَٰعِدِينَ أَجۡرًا عَظِيمٗا ﴿٩٥﴾

95. ਆਪਣੀ ਧਨ ਦੌਲਤ ਤੇ ਆਪਣੀਆਂ ਜਾਨਾਂ ਨਾਲ ਰੱਬ ਦੇ ਰਾਹ ਵਿਚ ਲੜਣ ਵਾਲੇ ਮੋਮਿਨ ਅਤੇ ਬਿਨਾਂ ਕਿਸੇ ਕਾਰਨ ਬੈਠ ਰਹੇ ਮੋਮਿਨ, ਇਕ ਬਰਾਬਰ ਨਹੀਂ ਹੋ ਸਕਦੇ। ਅੱਲਾਹ ਨੇ ਆਪਣੇ ਮਾਲਾਂ ਤੇ ਜਾਨਾਂ ਨਾਲ ਲੜਣ ਵਾਲਿਆਂ ਦਾ ਦਰਜਾ ਬੈਠੇ ਰਹਿਣ ਵਾਲਿਆਂ ਨਾਲੋਂ ਉੱਚਾ ਰੱਖਿਆ ਹੈ ਭਾਵੇਂ ਕਿ ਅੱਲਾਹ ਨੇ ਹਰੇਕ (ਮੋਮਿਨ) ਨਾਲ ਭਲਾਈ ਦਾ ਵਾਅਦਾ ਕੀਤਾ ਹੋਇਆ ਹੈ ਪ੍ਰੰਤੂ ਜਿਹਾਦ ਕਰਨ ਵਾਲਿਆਂ ਨੂੰ ਪਿੱਛੇ ਬੈਠਣ ਵਾਲਿਆਂ ਨਾਲੋਂ ਕਿਤੇ ਵਧੇਰੇ ਦਰਜਾ ਦਿੱਤਾ ਗਿਆ ਹੈ।

---

[1] ਨਾ-ਹੱਕਾ ਕ਼ਤਲ ਦੇ ਸੰਬੰਧ ਵਿਚ ਹਦੀਸ ਵਿਚ ਦੱਸਿਆ ਗਿਆ ਹੈ ਹਜ਼ਰਤ ਅਬਦੁੱਲਾ ਬਿਨ ਉਮਰ ਰਜ਼ਿ: ਦੱਸਦੇ ਹਨ ਕਿ ਨਬੀ ਕਰੀਮ ਸ: ਨੇ ਫ਼ਰਮਾਇਆ "ਮੁਸਲਮਾਨ ਦੀਨ ਦੇ ਮੁਆਮਲੇ ਵਿਚ ਉਸ ਸਮੇਂ ਤਕ ਸ਼ਾਂਤਮਈ ਤਰੀਕੇ ਅਨੁਸਾਰ ਅਮਲ ਕਰਦਾ ਹੈ ਜਦੋਂ ਤਕ ਕਿ ਉਹ ਨਾ-ਹੱਕਾ ਕ਼ਤਲ ਨਾ ਕਰੇ।" (ਸਹੀ ਬੁਖ਼ਾਰੀ, ਹਦੀਸ 6862)

96. ਅੱਲਾਹ ਵੱਲੋਂ ਉਹਨਾਂ ਲਈ ਵੱਡੇ ਮਰਤਬੇ, ਬਖ਼ਸ਼ੀਸ਼ ਤੇ ਮਿਹਰਾਂ ਹਨ। ਅਤੇ ਅੱਲਾਹ ਵੱਡਾ ਬਖ਼ਸ਼ਣਹਾਰ ਤੇ ਰਹਿਮ ਵਾਲਾ ਹੈ।

دَرَجٰتٍ مِّنْهُ وَمَغْفِرَةً وَّرَحْمَةً ؕ
وَكَانَ اللّٰهُ غَفُوْرًا رَّحِيْمًا ۹۶

97. ਜਿਹੜੇ (ਮੁਸਲਮਾਨ) ਲੋਕ ਕਾਫ਼ਿਰਾਂ ਵਿਚ ਰਹਿੰਦੇ ਹੋਏ ਆਪਣੇ ਆਪ 'ਤੇ ਜ਼ੁਲਮ ਕਰਦੇ ਹਨ, ਜਦੋਂ ਫ਼ਰਿਸ਼ਤੇ ਉਹਨਾਂ ਦੀ ਰੂਹ ਕੱਢਦੇ ਹਨ ਤਾਂ ਪੁੱਛਦੇ ਹਨ ਕਿ ਤੁਸੀਂ ਇੱਥੇ ਕਿਸ ਹਾਲ ਵਿਚ ਰਹਿੰਦੇ ਸੀ? ਉਹ ਉੱਤਰ ਦਿੰਦੇ ਹਨ ਕਿ ਅਸੀਂ ਧਰਤੀ ਉੱਤੇ ਬਹੁਤ ਹੀ ਕਮਜ਼ੋਰ ਸਾਂ। (ਭਾਵ ਕੁੱਝ ਨਹੀਂ ਸੀ ਕਰ ਸਕਦੇ) ਫ਼ਰਿਸ਼ਤੇ ਆਖਦੇ ਹਨ, ਕੀ ਅੱਲਾਹ ਦੀ ਧਰਤੀ ਵਿਸ਼ਾਲ ਨਹੀਂ ਸੀ? ਕਿ ਤੁਸੀਂ ਉੱਥੇ ਤੋਂ ਹਿਜਰਤ ਕਰ ਜਾਂਦੇ। ਇਹੋ ਲੋਕ ਹਨ, ਜਿਨ੍ਹਾਂ ਦਾ ਟਿਕਾਣਾ ਨਰਕ ਹੈ ਅਤੇ ਉਹ ਬਹੁਤ ਹੀ ਭੈੜਾ ਟਿਕਾਣਾ ਹੈ।

اِنَّ الَّذِيْنَ تَوَفّٰىهُمُ الْمَلٰٓئِكَةُ ظَالِمِيْٓ اَنْفُسِهِمْ
قَالُوْا فِيْمَ كُنْتُمْ ؕ قَالُوْا كُنَّا مُسْتَضْعَفِيْنَ فِى
الْاَرْضِ ؕ قَالُوْٓا اَلَمْ تَكُنْ اَرْضُ اللّٰهِ وَاسِعَةً
فَتُهَاجِرُوْا فِيْهَا ؕ فَاُولٰٓئِكَ مَاْوٰىهُمْ جَهَنَّمُ ؕ
وَسَآءَتْ مَصِيْرًا ۹۷

98. ਹਾਂ ਜਿਹੜੇ ਪੁਰਸ਼, ਇਸਤਰੀਆਂ ਅਤੇ ਬੱਚੇ ਜਿਹੜੇ ਵਾਸਤਵ ਵਿਚ ਹੀ ਬੇਵਸ ਹਨ, ਨਾ ਹੀ ਉਹਨਾਂ ਕੋਲ ਨਿਕਲਣ ਦਾ ਕੋਈ ਸਾਧਨ ਹੈ ਅਤੇ ਨਾ ਹੀ ਉਹਨਾਂ ਨੂੰ ਕਿਸੇ ਰਸਤੇ ਦਾ ਪਤਾ ਹੈ।

اِلَّا الْمُسْتَضْعَفِيْنَ مِنَ الرِّجَالِ وَالنِّسَآءِ
وَالْوِلْدَانِ لَا يَسْتَطِيْعُوْنَ حِيْلَةً
وَّلَا يَهْتَدُوْنَ سَبِيْلًا ۹۸

99. ਹੋ ਸਕਦਾ ਹੈ ਕਿ ਅੱਲਾਹ ਉਹਨਾਂ (ਬੇਵਸ ਲੋਕਾਂ) ਨੂੰ ਮੁਆਫ਼ ਕਰ ਦੇਵੇ। ਅੱਲਾਹ ਮੁਆਫ਼ ਕਰਨ ਵਾਲਾ ਤੇ ਵੱਡਾ ਬਖ਼ਸ਼ਣਹਾਰ ਹੈ।

فَاُولٰٓئِكَ عَسَى اللّٰهُ اَنْ يَّعْفُوَ عَنْهُمْ ؕ
وَكَانَ اللّٰهُ عَفُوًّا غَفُوْرًا ۹۹

100 ਜਿਹੜਾ ਵੀ ਅੱਲਾਹ ਦੀ ਰਾਹ ਵਿਚ ਆਪਣਾ ਘਰ ਬਾਰ ਛੱਡੇਗਾ ਉਸ ਨੂੰ ਧਰਤੀ 'ਤੇ ਰਹਿਣ ਲਈ ਬਥੇਰੀਆਂ ਥਾਵਾਂ ਹਨ ਅਤੇ (ਗੁਜ਼ਰ ਵਸਨ ਲਈ) ਪੂਰੀ ਖੁੱਲ੍ਹ ਮਿਲੇਗੀ ਅਤੇ ਜੇ ਕੋਈ ਆਪਣੇ ਘਰੋਂ ਹਿਜਰਤ ਕਰਕੇ ਅੱਲਾਹ ਅਤੇ ਰਸੂਲ ਵੱਲ ਨਿਕਲਿਆ ਹੋਵੇ ਫੇਰ ਉਸ ਨੂੰ ਰਾਹ ਵਿਚ ਹੀ

وَمَنْ يُّهَاجِرْ فِىْ سَبِيْلِ اللّٰهِ يَجِدْ فِى الْاَرْضِ
مُرٰغَمًا كَثِيْرًا وَّسَعَةً ؕ وَمَنْ يَّخْرُجْ مِنْۢ
بَيْتِهٖ مُهَاجِرًا اِلَى اللّٰهِ وَرَسُوْلِهٖ ثُمَّ يُدْرِكْهُ
الْمَوْتُ فَقَدْ وَقَعَ اَجْرُهٗ عَلَى اللّٰهِ ؕ وَكَانَ اللّٰهُ
غَفُوْرًا رَّحِيْمًا ۱۰۰

ਮੌਤ ਆ ਜਾਵੇ ਤਾਂ ਉਸ ਦਾ ਬਦਲਾ ਦੇਣਾ ਅੱਲਾਹ ਦੇ ਜ਼ਿੰਮੇ ਹੈ ਅਤੇ ਅੱਲਾਹ ਬੜਾ ਹੀ ਬਖ਼ਸ਼ਣਹਾਰ ਅਤੇ ਮਿਹਰਾਂ ਵਾਲਾ ਹੈ।

101 ਜਦੋਂ ਤੁਸੀਂ ਧਰਤੀ 'ਤੇ ਸਫ਼ਰ ਕਰ ਰਹੇ ਹੋਵੋ ਤਾਂ ਤੁਹਾਡੇ 'ਤੇ ਨਮਾਜ਼ਾਂ ਨੂੰ ਕਸਰ (ਸੰਖੇਪ) ਕਰ ਲੈਣ ਵਿਚ ਕੋਈ ਹਰਜ ਨਹੀਂ, ਜੇ ਤੁਹਾਨੂੰ ਇਹ ਡਰ ਹੋਵੇ ਕਿ ਦੁਸ਼ਮਨ ਤੁਹਾਨੂੰ ਤੰਗ ਕਰਨਗੇ ਤਾਂ ਵੀ (ਕਸਰ) ਕਰ ਸਕਦੇ ਹੋ। ਬੇਸ਼ੱਕ ਕਾਫ਼ਿਰ ਤਾਂ ਤੁਹਾਡੇ ਖੁੱਲ੍ਹੇ ਦੁਸ਼ਮਨ ਹਨ।

وَإِذَا ضَرَبْتُمْ فِي الْأَرْضِ فَلَيْسَ عَلَيْكُمْ
جُنَاحٌ أَنْ تَقْصُرُوا مِنَ الصَّلَاةِ إِنْ
خِفْتُمْ أَنْ يَفْتِنَكُمُ الَّذِينَ كَفَرُوا ۚ إِنَّ
الْكَافِرِينَ كَانُوا لَكُمْ عَدُوًّا مُبِينًا ﴿١٠١﴾

102. (ਹੇ ਨਬੀ!) ਜਦੋਂ ਤੁਸੀਂ ਇਹਨਾਂ (ਮੁਸਲਮਾਨਾਂ) ਵਿਚਾਲੇ ਹੋਵੋ ਅਤੇ (ਜੰਗ ਦੀ ਹਾਲਤ ਵਿਚ) ਉਹਨਾਂ ਨੂੰ ਨਮਾਜ਼ ਪੜ੍ਹਾਉਣ ਲਈ ਖੜ੍ਹੇ ਹੋਵੋ ਤਾਂ ਉਹਨਾਂ ਦਾ ਇਕ ਜੱਥਾ ਤੁਹਾਡੇ ਨਾਲ ਆਪਣੇ ਹਥਿਆਰਾਂ ਸਣੇ ਜਮਾਅਤ ਨਾਲ ਆ ਖੜ੍ਹੇ ਫੇਰ ਜਦੋਂ ਉਹ ਜੱਥਾ ਸਿਜਦਾ ਕਰ ਲਵੇ ਤਾਂ ਉਹ ਤੁਹਾਡੇ ਪਿੱਛੇ ਚਲਾ ਜਾਵੇ ਫੇਰ ਉਹ ਦੂਜਾ ਜੱਥਾ ਜਿਸ ਨੇ ਨਮਾਜ਼ ਨਹੀਂ ਪੜ੍ਹੀ ਉਹ ਆ ਜਾਵੇ ਅਤੇ ਤੁਹਾਡੇ ਨਾਲ ਨਮਾਜ਼ ਅਦਾ ਕਰੇ ਅਤੇ ਆਪਣੇ ਬਚਾਓ ਲਈ ਹਥਿਆਰਾਂ ਨੂੰ ਫੜੀ ਰੱਖਣ। ਕਾਫ਼ਿਰ ਤਾਂ ਇਹ ਚਾਹੁੰਦੇ ਹਨ ਕਿ ਜਦੋਂ ਵੀ ਤੁਸੀਂ ਆਪਣੇ ਹਥਿਆਰਾਂ ਤੇ ਆਪਣੇ ਸਾਮਾਨ ਤੋਂ ਬੇਖ਼ਬਰ ਹੋਵੋ ਤਾਂ ਉਹ ਤੁਹਾਡੇ 'ਤੇ ਹੱਲਾ ਬੋਲ ਦੇਣ। ਜੇ ਤੁਹਾਨੂੰ ਬਾਰਿਸ਼ ਕਾਰਨ ਕੋਈ ਤਕਲੀਫ਼ ਹੋਵੇ ਜਾਂ ਤੁਸੀਂ ਬੀਮਾਰ ਹੋ ਤਾਂ ਹਥਿਆਰ ਇਕ ਪਾਸੇ ਰੱਖਣ ਵਿਚ ਕੋਈ ਗੁਨਾਹ ਨਹੀਂ। ਪਰ ਇਸ ਹਾਲਤ ਵਿਚ ਵੀ ਸਾਵਧਾਨ ਰਹੋ। ਅੱਲਾਹ ਨੇ ਇਨਕਾਰੀਆਂ ਲਈ ਜ਼ਲੀਲ ਕਰਨ ਵਾਲਾ ਅਜ਼ਾਬ ਤਿਆਰ ਕੀਤਾ ਹੋਇਆ ਹੈ।

وَإِذَا كُنْتَ فِيهِمْ فَأَقَمْتَ لَهُمُ الصَّلَاةَ فَلْتَقُمْ
طَائِفَةٌ مِنْهُمْ مَعَكَ وَلْيَأْخُذُوا أَسْلِحَتَهُمْ
فَإِذَا سَجَدُوا فَلْيَكُونُوا مِنْ وَرَائِكُمْ وَلْتَأْتِ
طَائِفَةٌ أُخْرَىٰ لَمْ يُصَلُّوا فَلْيُصَلُّوا مَعَكَ
وَلْيَأْخُذُوا حِذْرَهُمْ وَأَسْلِحَتَهُمْ ۗ وَدَّ الَّذِينَ
كَفَرُوا لَوْ تَغْفُلُونَ عَنْ أَسْلِحَتِكُمْ وَأَمْتِعَتِكُمْ
فَيَمِيلُونَ عَلَيْكُمْ مَيْلَةً وَاحِدَةً ۚ وَلَا جُنَاحَ
عَلَيْكُمْ إِنْ كَانَ بِكُمْ أَذًى مِنْ مَطَرٍ أَوْ كُنْتُمْ
مَرْضَىٰ أَنْ تَضَعُوا أَسْلِحَتَكُمْ ۖ وَخُذُوا حِذْرَكُمْ ۗ
إِنَّ اللَّهَ أَعَدَّ لِلْكَافِرِينَ عَذَابًا مُهِينًا ﴿١٠٢﴾

فَإِذَا قَضَيْتُمُ الصَّلَوٰةَ فَاذْكُرُوا اللَّهَ قِيَامًا وَقُعُودًا وَعَلَىٰ جُنُوبِكُمْ ۚ فَإِذَا اطْمَأْنَنتُمْ فَأَقِيمُوا الصَّلَوٰةَ ۚ إِنَّ الصَّلَوٰةَ كَانَتْ عَلَى الْمُؤْمِنِينَ كِتَابًا مَّوْقُوتًا (١٠٣)

103. ਫੇਰ ਜਦੋਂ ਤੁਸੀਂ ਨਮਾਜ਼ ਪੜ੍ਹ ਲਵੋ ਤਾਂ ਉੱਠਦੇ, ਬੈਠਦੇ ਅਤੇ ਲੇਟੇ (ਭਾਵ ਹਰ ਸਮੇਂ) ਅੱਲਾਹ ਨੂੰ ਯਾਦ ਕਰਦੇ ਰਹੋ। ਜਦੋਂ ਤੁਹਾਨੂੰ ਸ਼ਾਂਤੀ ਮਿਲ ਜਾਵੇ ਤਾਂ ਪੂਰੀ ਨਮਾਜ਼ ਪੜ੍ਹੋ। ਬੇਸ਼ੱਕ ਨਮਾਜ਼ ਈਮਾਨ ਵਾਲਿਆਂ ਲਈ ਸਮੇਂ ਦੀ ਪਾਬੰਦੀ ਨਾਲ ਫ਼ਰਜ਼ ਕੀਤੀ ਗਈ ਹੈ।

وَلَا تَهِنُوا فِي ابْتِغَاءِ الْقَوْمِ ۖ إِن تَكُونُوا تَأْلَمُونَ فَإِنَّهُمْ يَأْلَمُونَ كَمَا تَأْلَمُونَ ۖ وَتَرْجُونَ مِنَ اللَّهِ مَا لَا يَرْجُونَ ۗ وَكَانَ اللَّهُ عَلِيمًا حَكِيمًا (١٠٤)

104. ਤੁਸੀਂ ਇਹਨਾਂ (ਦੁਸ਼ਮਨਾਂ) ਦਾ ਪਿੱਛਾ ਕਰਨ ਵਿਚ ਕਮਜ਼ੋਰੀ ਨਾ ਵਿਖਾਓ, ਜੇ ਤੁਹਾਨੂੰ ਕਸ਼ਟ ਹੁੰਦੇ ਹਨ ਤਾਂ ਇਹਨਾਂ ਨੂੰ ਵੀ ਤੁਹਾਡੀ ਤਰ੍ਹਾਂ ਕਸ਼ਟ ਹੁੰਦਾ ਹੈ। ਤੁਸਾਂ ਅੱਲਾਹ ਤੋਂ ਜਿਸ ਚੀਜ਼ ਦੀਆਂ ਆਸਾਂ ਰੱਖਦੇ ਹੋ ਉਹ ਆਸਾਂ ਉਹਨਾਂ (ਦੁਸ਼ਮਨਾਂ) ਨੂੰ ਨਹੀਂ। ਅੱਲਾਹ ਬਹੁਤ ਦਾਨਾਈ ਵਾਲਾ ਅਤੇ ਹਿਕਮਤ ਵਾਲਾ ਹੈ।

إِنَّا أَنزَلْنَا إِلَيْكَ الْكِتَابَ بِالْحَقِّ لِتَحْكُمَ بَيْنَ النَّاسِ بِمَا أَرَاكَ اللَّهُ ۚ وَلَا تَكُن لِّلْخَائِنِينَ خَصِيمًا (١٠٥)

105. (ਹੇ ਨਬੀ!) ਅਸੀਂ ਤੁਹਾਡੇ ਵੱਲ ਹੱਕ ਦੇ ਨਾਲ ਇਸ ਕਿਤਾਬ (ਕੁਰਆਨ) ਨੂੰ ਉਤਾਰਿਆ ਹੈ ਤਾਂ ਕਿ ਜਿਹੜੀ ਸਿੱਧੀ ਰਾਹ ਅੱਲਾਹ ਨੇ ਤੁਹਾਨੂੰ ਵਿਖਾਈ ਹੈ ਤੁਸੀਂ ਉਸ ਦੇ ਅਨੁਸਾਰ ਹੀ ਲੋਕਾਂ ਵਿਚਾਲੇ ਫ਼ੈਸਲੇ ਕਰੋ ਅਤੇ ਵਿਸ਼ਵਾਸਘਾਤੀ ਲੋਕਾਂ ਦੇ ਹਿਮਾਇਤੀ ਨਾ ਬਣੋ।

وَاسْتَغْفِرِ اللَّهَ ۖ إِنَّ اللَّهَ كَانَ غَفُورًا رَّحِيمًا (١٠٦)

106 ਅੱਲਾਹ ਤੋਂ ਖ਼ਿਮਾ ਦੀ ਬੇਨਤੀ[1] ਕਰੋ, ਬੇਸ਼ੱਕ ਅੱਲਾਹ ਬਖ਼ਸ਼ਣ ਵਾਲਾ ਤੇ ਮਿਹਰਾਂ ਕਰਨ ਵਾਲਾ ਹੈ।

وَلَا تُجَادِلْ عَنِ الَّذِينَ يَخْتَانُونَ أَنفُسَهُمْ ۚ إِنَّ اللَّهَ لَا يُحِبُّ مَن كَانَ خَوَّانًا أَثِيمًا (١٠٧)

107. ਤੁਸੀਂ ਉਹਨਾਂ ਵੱਲੋਂ ਨਾ ਝਗੜੋ ਜਿਹੜੇ ਆਪਣੇ ਆਪ ਨਾਲ ਹੀ ਖ਼ਿਆਨਤ (ਵਿਸ਼ਵਾਸ-

---

[1] ਇਸ ਆਇਤ ਦੇ ਅਨੁਸਾਰ ਨਬੀ ਕਰੀਮ ਸ: ਅੱਲਾਹ ਤੋਂ ਇਸਤਗ਼ਫ਼ਾਰ ਕਰਦੇ ਰਹਿੰਦੇ ਸਨ। ਹਜ਼ਰਤ ਅਬੂ-ਹੁਰੈਰਾ ਰਜ਼ਿ: ਤੋਂ ਪਤਾ ਲੱਗਦਾ ਹੈ ਕਿ "ਮੈਂ ਨਬੀ ਕਰੀਮ ਸ: ਨੂੰ ਫ਼ਰਮਾਉਂਦੇ ਹੋਏ ਸੁਣਿਆ ਹੈ ਕਿ ਅੱਲਾਹ ਦੀ ਕਸਮ ਮੈਂ ਤਾਂ ਨਿਤ ਸੱਤਰ ਵਾਰ ਤੋਂ ਵੀ ਵੱਧ ਅੱਲਾਹ ਤੋਂ ਇਸਤਗ਼ਫ਼ਾਰ ਅਤੇ ਉਸ ਦੇ ਹਜ਼ੂਰ ਤੌਬਾ ਕਰਦਾ ਹਾਂ।" (ਸਹੀ ਬੁਖ਼ਾਰੀ, ਹਦੀਸ: 6307)

ਘਾਤ) ਕਰਦੇ ਹਨ, ਅੱਲਾਹ ਵਿਸ਼ਵਾਸ ਘਾਤੀ ਲੋਕਾਂ ਨੂੰ ਉੱਕਾ ਹੀ ਪਸੰਦ ਨਹੀਂ ਕਰਦਾ।

108. ਇਹ (ਵਿਸ਼ਵਾਸ-ਘਾਤੀ) ਲੋਕ ਲੋਕਾਂ ਤੋਂ ਤਾਂ ਆਪਣੀਆਂ ਕਰਤੂਤਾਂ ਲੁਕਾ ਸਕਦੇ ਹਨ ਪ੍ਰੰਤੂ ਅੱਲਾਹ ਤੋਂ ਨਹੀਂ ਲੁਕਾ ਸਕਦੇ, ਉਹ ਉਸ ਸਮੇਂ ਵੀ ਉਹਨਾਂ ਨਾਲ ਹੁੰਦਾ ਹੈ ਜਦੋਂ ਉਹ ਰਾਤਾਂ ਨੂੰ ਲੁਕ ਲੁਕ ਕੇ ਅਜਿਹੇ ਸਲਾਹ ਮਸ਼ਵਰੇ ਕਰਦੇ ਹਨ ਜਿਹੜੇ ਅੱਲਾਹ ਨੂੰ ਪਸੰਦ ਨਹੀਂ। ਉਹਨਾਂ ਦੀਆਂ ਸਾਰੀਆਂ ਕਰਤੂਤਾਂ ਨੂੰ ਉਸ ਨੇ ਘੇਰੇ ਵਿਚ ਲੈ ਰੱਖਿਆ ਹੈ।

يَّسْتَخْفُوْنَ مِنَ النَّاسِ وَلَا يَسْتَخْفُوْنَ مِنَ اللّٰهِ
وَهُوَ مَعَهُمْ اِذْ يُبَيِّتُوْنَ مَا لَا يَرْضٰى مِنَ الْقَوْلِ ؕ
وَكَانَ اللّٰهُ بِمَا يَعْمَلُوْنَ مُحِيْطًا ﴿١٠٨﴾

109. ਤੁਸੀਂ ਲੋਕਾਂ ਨੇ ਸੰਸਾਰਿਕ ਜੀਵਨ ਵਿਚ ਤਾਂ ਇਹਨਾਂ ਅਪਰਾਧੀਆਂ ਵੱਲੋਂ ਝਗੜਾ ਕਰ ਲਿਆ ਪ੍ਰੰਤੂ ਅੱਲਾਹ ਦੇ ਅੱਗੇ ਕਿਆਮਤ ਵਾਲੇ ਦਿਨ ਉਹਨਾਂ ਦੀ ਹਿਮਾਇਤ ਕੌਣ ਕਰੇਗਾ? ਅਤੇ ਉਹ ਕੌਣ ਹੈ ਜਿਹੜਾ ਉਹਨਾਂ ਦਾ ਵਕੀਲ ਹੋਵੇਗਾ?

هٰۤاَنْتُمْ هٰۤؤُلَآءِ جٰدَلْتُمْ عَنْهُمْ فِى الْحَيٰوةِ
الدُّنْيَا ۫ فَمَنْ يُّجَادِلُ اللّٰهَ عَنْهُمْ يَوْمَ
الْقِيٰمَةِ اَمْ مَّنْ يَّكُوْنُ عَلَيْهِمْ وَكِيْلًا ﴿١٠٩﴾

110 ਜਿਹੜਾ ਵਿਅਕਤੀ ਕੋਈ ਮਾੜੇ ਕੰਮ ਕਰੇ ਜਾਂ ਆਪਣੇ ਆਪ ਉੱਤੇ ਹੀ ਜ਼ੁਲਮ ਕਰ ਬੈਠੇ, ਪਰ ਫੇਰ ਉਹ ਅੱਲਾਹ ਤੋਂ ਮੁਆਫ਼ੀ ਲਈ ਬੇਨਤੀ ਕਰੇ, ਤਾਂ ਉਹ ਅੱਲਾਹ ਨੂੰ ਬਖ਼ਸ਼ਣਹਾਰ ਤੇ ਮਿਹਰਬਾਨ ਹੀ ਪਾਵੇਗਾ।

وَمَنْ يَّعْمَلْ سُوْٓءًا اَوْ يَظْلِمْ نَفْسَهٗ ثُمَّ
يَسْتَغْفِرِ اللّٰهَ يَجِدِ اللّٰهَ غَفُوْرًا رَّحِيْمًا ﴿١١٠﴾

111. ਜੋ ਕੋਈ ਵਿਅਕਤੀ ਗੁਨਾਹ ਕਰਦਾ ਹੈ ਤਾਂ ਇਹ ਉਸੇ ਲਈ ਮੁਸੀਬਤ ਬਣੇਗਾ। ਅੱਲਾਹ (ਸਾਰੇ ਕੀਤੇ ਹੋਏ ਕੰਮਾਂ ਨੂੰ) ਜਾਣਨ ਵਾਲਾ ਹੈ ਅਤੇ ਦਾਨਾ-ਸਿਆਣਾ ਹੈ।

وَمَنْ يَّكْسِبْ اِثْمًا فَاِنَّمَا يَكْسِبُهٗ عَلٰى نَفْسِهٖ ؕ
وَكَانَ اللّٰهُ عَلِيْمًا حَكِيْمًا ﴿١١١﴾

112. ਅਤੇ ਜਿਸ ਵਿਅਕਤੀ ਨੇ ਕੋਈ ਗੁਨਾਹ ਜਾਂ ਗ਼ਲਤੀ ਕਰਕੇ ਉਸ ਦਾ ਦੋਸ਼ ਕਿਸੇ ਹੋਰ ਬੇ-ਗੁਨਾਹ ਉੱਤੇ ਥੋਪ ਦਿੱਤਾ ਉਸ ਨੇ ਬਹੁਤ ਵੱਡੀ ਤੁਹਮਤ ਅਤੇ ਖੁੱਲ੍ਹੇ ਪਾਪਾਂ ਦਾ ਭਾਰ ਆਪਣੇ ਸਿਰ ਲੈ ਲਿਆ।

وَمَنْ يَّكْسِبْ خَطِيْٓـَٔةً اَوْ اِثْمًا ثُمَّ يَرْمِ بِهٖ
بَرِيْٓـًٔا فَقَدِ احْتَمَلَ بُهْتَانًا وَّاِثْمًا مُّبِيْنًا ﴿١١٢﴾

13

وَلَوْلَا فَضْلُ اللَّهِ عَلَيْكَ وَرَحْمَتُهُ
لَهَمَّت طَّائِفَةٌ مِّنْهُمْ أَن يُضِلُّوكَ
وَمَا يُضِلُّونَ إِلَّا أَنفُسَهُمْ وَمَا يَضُرُّونَكَ
مِن شَيْءٍ وَأَنزَلَ اللَّهُ عَلَيْكَ الْكِتَابَ
وَالْحِكْمَةَ وَعَلَّمَكَ مَا لَمْ تَكُن تَعْلَمُ
وَكَانَ فَضْلُ اللَّهِ عَلَيْكَ عَظِيمًا ١١٣

113 ਜੇ (ਹੇ ਨਬੀ) ਤੁਹਾਡੇ ਉੱਤੇ ਰੱਬ ਦੀ ਕ੍ਰਿਪਾ ਤੇ ਮਿਹਰ ਨਾ ਹੁੰਦੀ ਤਾਂ ਉਹਨਾਂ (ਵਿਸ਼ਵਾਸਘਾਤੀ) ਲੋਕਾਂ ਵਿੱਚੋਂ ਇਕ ਟੋਲੇ ਨੇ ਤਾਂ ਤੁਹਾਨੂੰ ਭੁਲੇਖੇ ਵਿਚ ਫਸਾ ਦੇਣ ਦਾ ਫ਼ੈਸਲਾ ਕਰ ਹੀ ਲਿਆ ਸੀ। ਅਸਲ ਵਿਚ ਤਾਂ ਇਹ ਆਪਣੇ ਆਪ ਨੂੰ ਹੀ ਭੁਲੇਖੇ ਵਿਚ ਪਾ ਰਹੇ ਹਨ। ਇਹ ਤੁਹਾਡਾ ਕੁੱਝ ਵੀ ਨਹੀਂ ਵਿਗਾੜ ਸਕਦੇ। ਅੱਲਾਹ ਨੇ ਤੁਹਾਡੇ 'ਤੇ ਕਿਤਾਬ (ਕੁਰਆਨ) ਤੇ ਹਿਕਮਤ (ਸਿਆਣਪ) ਉਤਾਰੀ ਹੈ ਅਤੇ ਤੁਹਾਨੂੰ ਉਹ ਸਭ ਕੁੱਝ ਸਿਖਾਇਆ ਹੈ ਜਿਸ ਦਾ ਤੁਹਾਨੂੰ ਗਿਆਨ ਨਹੀਂ ਸੀ ਅੱਲਾਹ ਦੀਆਂ ਤੁਹਾਡੇ ਉੱਤੇ ਵੱਡੀਆਂ ਮਿਹਰਾਂ ਹਨ

لَّا خَيْرَ فِي كَثِيرٍ مِّن نَّجْوَاهُمْ إِلَّا مَنْ أَمَرَ
بِصَدَقَةٍ أَوْ مَعْرُوفٍ أَوْ إِصْلَاحٍ بَيْنَ النَّاسِ
وَمَن يَفْعَلْ ذَٰلِكَ ابْتِغَاءَ مَرْضَاتِ اللَّهِ فَسَوْفَ
نُؤْتِيهِ أَجْرًا عَظِيمًا ١١٤

114. ਉਹਨਾਂ (ਵਿਸ਼ਵਾਸਘਾਤੀ) ਲੋਕਾਂ ਦੇ ਆਮ ਕਰਕੇ ਵਧੇਰੇ ਮਸ਼ਵਰਿਆਂ (ਜੋ ਤੁਹਾਨੂੰ ਦਿੰਦੇ ਹਨ) ਵਿਚ ਕਈ ਭਲਾਈ ਨਹੀਂ ਹੁੰਦੀ, ਪਰ ਜੇ ਕੋਈ ਕਿਸੇ ਨੂੰ ਖ਼ੈਰਾਤ (ਪੁੰਨ-ਦਾਨ) ਜਾਂ ਨੇਕੀ ਦੇ ਕੰਮਾਂ ਲਈ ਜਾਂ ਲੋਕਾਂ ਵਿਚ ਸੁਲਾਹ-ਸਫ਼ਾਈ ਕਰਵਾਉਣ ਲਈ ਹੁਕਮ ਦਿੰਦਾ ਹੈ (ਤਾਂ ਇਹ ਵਧੀਆ ਗੱਲ ਹੈ) ਅਤੇ ਜਿਹੜਾ ਵਿਅਕਤੀ ਕੇਵਲ ਅੱਲਾਹ ਨੂੰ ਖ਼ੁਸ਼ ਕਰਨ ਲਈ ਇਹ ਸਾਰੇ ਕੰਮਾਂ ਕਰਦਾ ਹੈ, ਉਸ ਨੂੰ ਅਸੀਂ ਬਹੁਤ ਵੱਡਾ ਬਦਲਾ ਦੇਵਾਂਗੇ।

وَمَن يُشَاقِقِ الرَّسُولَ مِن بَعْدِ مَا تَبَيَّنَ
لَهُ الْهُدَىٰ وَيَتَّبِعْ غَيْرَ سَبِيلِ الْمُؤْمِنِينَ نُوَلِّهِ
مَا تَوَلَّىٰ وَنُصْلِهِ جَهَنَّمَ وَسَاءَتْ مَصِيرًا ١١٥

115. ਅਤੇ ਜਿਹੜੇ ਵਿਅਕਤੀ ਉੱਤੇ ਸਿੱਧਾ ਰਾਹ ਸਪਸ਼ਟ ਹੋ ਗਿਆ ਹੋਵੇ ਫੇਰ ਵੀ ਉਹ ਰਸੂਲ ਦੇ ਵਿਰੁੱਧ ਕੰਮ ਕਰੇ ਅਤੇ ਈਮਾਨ ਵਾਲਿਆਂ ਦੇ ਰਸਤੇ ਨੂੰ ਛੱਡ ਕੇ ਦੂਜੀ ਰਾਹ ਦੀ ਪੈਰਵੀ ਕਰੇ ਤਾਂ ਉਸ ਨੂੰ ਅਸੀਂ (ਅੱਲਾਹ) ਉਸੇ ਵੱਲ ਫੇਰ ਦੇਵਾਂਗੇ ਜਿਸ ਵੱਲ ਉਹ ਜਾਣਾ ਚਾਹੁੰਦਾ ਹੈ ਅਤੇ ਅਸੀਂ ਉਸ ਨੂੰ ਨਰਕ ਵਿਚ ਸੁੱਟ ਦੇਵਾਂਗੇ ਜੋ ਕਿ ਰਹਿਣ ਲਈ ਸਭ ਤੋਂ ਵੱਧ ਭੈੜਾ ਟਿਕਾਣਾ ਹੈ।

116. ਬੇਸ਼ੱਕ ਅੱਲਾਹ ਉਸ ਦੇ ਨਾਲ ਸ਼ਿਰਕ ਕਰਨ ਵਾਲੇ ਨੂੰ ਕਦੇ ਵੀ ਮੁਆਫ਼ ਨਹੀਂ ਕਰਦਾ, ਇਸ ਤੋਂ ਛੁੱਟ ਜਿਸ ਨੂੰ ਵੀ ਚਾਹੇ ਮੁਆਫ਼ ਕਰ ਦਿੰਦਾ ਹੈ ਅਤੇ ਜਿਸ ਨੇ ਅੱਲਾਹ (ਦੀਆਂ ਸਿਫ਼ਤਾਂ) ਨਾਲ ਕਿਸੇ ਨੂੰ ਸ਼ਰੀਕ (ਸਾਂਝੀਵਾਲ) ਠਹਿਰਾਇਆ ਉਹ ਗੁਮਰਾਹੀ ਵਿਚ ਬਹੁਤ ਦੂਰ ਨਿੱਕਲ ਗਿਆ।

إِنَّ اللَّهَ لَا يَغْفِرُ أَنْ يُشْرَكَ بِهِ وَيَغْفِرُ
مَا دُونَ ذَٰلِكَ لِمَنْ يَشَاءُ ۚ وَمَنْ يُشْرِكْ
بِاللَّهِ فَقَدْ ضَلَّ ضَلَالًا بَعِيدًا (116)

117. ਇਹ (ਮੁਸ਼ਰਿਕ) ਅੱਲਾਹ ਨੂੰ ਛੱਡ ਕੇ ਕੇਵਲ ਦੇਵੀਆਂ ਨੂੰ ਹੀ (ਆਪਣੀ ਮਦਦ ਲਈ) ਬੁਲਾਉਂਦੇ ਹਨ। ਅਸਲ ਵਿਚ ਇਹ ਬਾਗ਼ੀ ਸ਼ੈਤਾਨ ਨੂੰ ਹੀ ਪੂਜਦੇ ਹਨ।

إِنْ يَدْعُونَ مِنْ دُونِهِ إِلَّا إِنَاثًا وَإِنْ
يَدْعُونَ إِلَّا شَيْطَانًا مَرِيدًا (117)

118 ਅੱਲਾਹ ਨੇ ਉਸ (ਸ਼ੈਤਾਨ) ਨੂੰ ਫਿਟਕਾਰਿਆ ਹੈ ਅਤੇ ਉਸ ਨੇ ਕਿਹਾ ਹੋਇਆ ਹੈ ਕਿ ਹੇ ਰੱਬਾ! ਮੈਂ ਤੇਰੇ ਬੰਦਿਆਂ ਵਿੱਚੋਂ ਇਕ ਨਿਯਤ ਹਿੱਸਾ ਲੈ ਕੇ ਰਹਾਂਗਾ।

لَعَنَهُ اللَّهُ ۘ وَقَالَ لَأَتَّخِذَنَّ مِنْ
عِبَادِكَ نَصِيبًا مَفْرُوضًا (118)

119. ਅਤੇ ਉਹਨਾਂ ਨੂੰ ਕੁਰਾਹੇ ਪਾਉਂਦਾ ਰਹਾਂਗਾ ਅਤੇ ਉਹਨਾਂ ਨੂੰ (ਕਾਮਯਾਬੀ) ਦੀਆਂ ਝੂਠੀਆਂ ਆਸਾਂ ਦਿਖਾਉਂਦਾ ਰਹਾਂਗਾ ਅਤੇ ਉਹਨਾਂ ਨੂੰ ਹੁਕਮ ਦੇਵਾਂਗਾ ਤਾਂ ਉਹ (ਬੁਤਾਂ ਦੇ ਚੜ੍ਹਾਵੇ ਲਈ) ਜਾਨਵਰਾਂ ਦੇ ਕੰਨ ਚੀਰਨਗੇ ਅਤੇ ਉਹਨਾਂ ਨੂੰ ਹੁਕਮ ਦੇਵਾਂਗਾ ਤਾਂ ਉਹ ਰੱਬੀ ਬਣਤਰ ਵਿਚ ਅਦਲਾ ਬਦਲੀ ਕਰਨਗੇ। (ਹੇ ਲੋਕੋ! ਕੰਨ ਖੋਲ ਕੇ ਸੁਣ ਲਓ) ਕਿ ਜਿਹੜਾ ਕੋਈ ਵਿਅਕਤੀ ਅੱਲਾਹ ਨੂੰ ਛੱਡ ਕੇ ਸ਼ੈਤਾਨ ਨੂੰ ਆਪਣਾ ਮਿੱਤਰ ਬਣਾਵੇਗਾ ਉਹ ਸਪਸ਼ਟ ਰੂਪ ਵਿਚ ਘਾਟੇ ਵਿਚ ਜਾਵੇਗਾ।

وَلَأُضِلَّنَّهُمْ وَلَأُمَنِّيَنَّهُمْ وَلَآمُرَنَّهُمْ فَلَيُبَتِّكُنَّ
آذَانَ الْأَنْعَامِ وَلَآمُرَنَّهُمْ فَلَيُغَيِّرُنَّ خَلْقَ اللَّهِ ۚ
وَمَنْ يَتَّخِذِ الشَّيْطَانَ وَلِيًّا مِنْ دُونِ اللَّهِ فَقَدْ
خَسِرَ خُسْرَانًا مُبِينًا (119)

120 ਇਹ (ਸ਼ੈਤਾਨ ਸ਼ਿਰਕ ਕਰਨ ਵਾਲਿਆਂ ਨਾਲ) ਝੂਠੇ ਵਾਅਦੇ ਕਰਦਾ ਹੈ ਅਤੇ ਉਹਨਾਂ ਨੂੰ

يَعِدُهُمْ وَيُمَنِّيهِمْ ۖ وَمَا يَعِدُهُمُ الشَّيْطَانُ
إِلَّا غُرُورًا (120)

ਆਸਾਂ ਦੁਆਉਂਦਾ ਹੈ। (ਯਾਦ ਰਖੋ) ਕਿ ਸ਼ੈਤਾਨ ਦੇ ਸਾਰੇ ਵਾਅਦੇ ਕੇਵਲ ਧੋਖੇ ਹੀ ਹਨ, ਛਲ ਕਪਟ ਤੋਂ ਛੁੱਟ ਹੋਰ ਕੁੱਝ ਨਹੀਂ।

121. ਇਹਨਾਂ ਲੋਕਾਂ ਦਾ ਆਖ਼ਰੀ ਟਿਕਾਣਾ ਨਰਕ ਹੈ, ਜਿੱਥੋਂ ਉਹਨਾਂ ਨੂੰ ਕੋਈ ਛੁਟਕਾਰਾ ਨਹੀਂ ਮਿਲੇਗਾ।

أُولَٰئِكَ مَأْوَاهُمْ جَهَنَّمُ وَلَا يَجِدُونَ عَنْهَا مَحِيصًا (121)

122. ਅਤੇ ਜਿਹੜੇ ਲੋਕ (ਰੱਬ, ਰਸੂਲ, ਕੁਰਆਨ, ਫ਼ਰਿਸ਼ਤਿਆਂ ਅਤੇ ਆਖ਼ਿਰਤ ਉੱਤੇ) ਈਮਾਨ ਲਿਆਉਣਗੇ, ਭਲੇ ਤੇ ਨੇਕ ਕੰਮ ਕਰਣਗੇ ਅਸੀਂ ਉਹਨਾਂ ਨੂੰ ਸਵਰਗਾਂ ਵਿਚ ਦਾਖ਼ਲ ਕਰਾਂਗੇ, ਜਿਨ੍ਹਾਂ ਦੇ ਹੇਠ ਨਹਿਰਾਂ ਵਗਦੀਆਂ ਹਨ ਜਿੱਥੇ ਇਹ ਸਦਾ ਰਹਿਣਗੇ। ਇਹ (ਮੋਮਿਨਾਂ ਨਾਲ) ਅੱਲਾਹ ਦਾ ਵਾਅਦਾ ਹੈ, ਜਿਹੜਾ ਸੱਚਾ ਹੈ। ਉਹ ਕੌਣ ਹੈ ਜਿਹੜਾ ਆਪਣੀ ਗੱਲ ਵਿਚ ਅੱਲਾਹ ਤੋਂ ਵੱਧ ਕੇ ਸੱਚਾ ਹੋਵੇ?

وَالَّذِينَ آمَنُوا وَعَمِلُوا الصَّالِحَاتِ سَنُدْخِلُهُمْ جَنَّاتٍ تَجْرِي مِنْ تَحْتِهَا الْأَنْهَارُ خَالِدِينَ فِيهَا أَبَدًا ۖ وَعْدَ اللَّهِ حَقًّا ۚ وَمَنْ أَصْدَقُ مِنَ اللَّهِ قِيلًا (122)

123. ਆਖ਼ੀਰ ਨਾ ਤੁਹਾਡੀ (ਮੁਸ਼ਰਿਕਾਂ ਦੀ) ਕਾਮਨਾਵਾਂ 'ਤੇ ਨਿਰਭਰ ਕਰਦਾ ਹੈ ਅਤੇ ਨਾ ਹੀ ਕਿਤਾਬ ਵਾਲਿਆਂ ਦੀਆਂ ਕਾਮਨਾਵਾਂ ਉੱਤੇ ਹੈ। ਜਿਹੜਾ ਵੀ ਬੁਰਾਈ ਕਰੇਗਾ ਉਸ ਨੂੰ ਸਜ਼ਾ ਅਵੱਸ਼ ਮਿਲੇਗੀ ਅਤੇ ਉਹ ਅੱਲਾਹ ਤੋਂ ਛੁੱਟ ਕੋਈ ਮਿੱਤਰ ਤੇ ਸਹਾਈ ਨਾ ਲੱਭ ਸਕੇਗਾ।

لَيْسَ بِأَمَانِيِّكُمْ وَلَا أَمَانِيِّ أَهْلِ الْكِتَابِ ۗ مَنْ يَعْمَلْ سُوءًا يُجْزَ بِهِ وَلَا يَجِدْ لَهُ مِنْ دُونِ اللَّهِ وَلِيًّا وَلَا نَصِيرًا (123)

124. ਜਿਹੜਾ ਵੀ ਨੇਕ ਕੰਮ ਕਰੇਗਾ, ਭਾਵੇਂ ਉਹ ਪੁਰਸ਼ ਹੈ ਜਾਂ ਇਸਤਰੀ ਪਰ ਹੈ ਈਮਾਨ ਵਾਲਾ ਤਾਂ ਅਜਿਹੇ ਲੋਕ ਅਵੱਸ਼ ਹੀ ਸਵਰਗਾਂ ਵਿਚ ਜਾਣਗੇ, ਅਤੇ ਤੋਰਾ ਭਰ ਵੀ ਉਹਨਾਂ ਦਾ ਹੱਕ ਨਹੀਂ ਮਾਰਿਆ ਜਾਵੇਗਾ।

وَمَنْ يَعْمَلْ مِنَ الصَّالِحَاتِ مِنْ ذَكَرٍ أَوْ أُنْثَىٰ وَهُوَ مُؤْمِنٌ فَأُولَٰئِكَ يَدْخُلُونَ الْجَنَّةَ وَلَا يُظْلَمُونَ نَقِيرًا (124)

125. ਧਰਮ ਪੱਖੋ ਉਸ ਵਿਅਕਤੀ ਨਾਲੋਂ ਚੰਗਾ ਕੌਣ ਹੋਵੇਗਾ ਜਿਸ ਨੇ ਆਪਣਾ ਸੀਸ ਅੱਲਾਹ ਦੇ ਹੁਕਮਾਂ ਅੱਗੇ ਝੁਕਾ ਦਿੱਤਾ ਤੇ ਉਹ ਨੇਕ ਵੀ ਹੋਵੇ, ਇਕ ਚਿਤ ਹੋ ਕੇ ਇਬਰਾਹੀਮ ਦੇ ਦੀਨ ਦੀ ਪੈਰਵੀ ਕਰੇ ਜੋ ਕਿ ਰੱਬ ਦਾ ਪੁਜਾਰੀ ਸੀ? ਇਬਰਾਹੀਮ ਨੂੰ ਅੱਲਾਹ ਨੇ ਆਪਣਾ ਵਿਸ਼ੇਸ਼ ਮਿੱਤਰ ਬਣਾਇਆ ਸੀ।

وَمَنْ أَحْسَنُ دِينًا مِّمَّنْ أَسْلَمَ وَجْهَهُ لِلَّهِ
وَهُوَ مُحْسِنٌ وَاتَّبَعَ مِلَّةَ إِبْرَاهِيمَ حَنِيفًا ۗ
وَاتَّخَذَ اللَّهُ إِبْرَاهِيمَ خَلِيلًا (125)

126. ਅਕਾਸ਼ਾਂ ਤੇ ਧਰਤੀ ਵਿਚ ਜੋ ਕੁੱਝ ਹੈ ਸਭ ਅੱਲਾਹ ਦਾ ਹੀ ਹੈ ਅਤੇ ਅੱਲਾਹ ਨੇ ਹਰ ਚੀਜ਼ ਨੂੰ ਆਪਣੇ ਘੇਰੇ ਵਿਚ ਲੈ ਰੱਖਿਆ ਹੈ।

وَلِلَّهِ مَا فِي السَّمَاوَاتِ وَمَا فِي الْأَرْضِ ۚ
وَكَانَ اللَّهُ بِكُلِّ شَيْءٍ مُّحِيطًا (126)

127. (ਹੇ ਨਬੀ!) ਲੋਕੀ ਤੁਹਾਥੋਂ (ਯਤੀਮ) ਲੜਕੀਆਂ ਪ੍ਰਤੀ ਪੁੱਛਦੇ ਹਨ। ਤੁਸੀਂ ਆਖ ਦਿਓ ਕਿ ਇਹਨਾਂ ਬਾਰੇ ਤਾਂ ਅੱਲਾਹ ਆਪ ਹੀ (ਇਨਸਾਫ਼ ਕਰਨ ਦਾ) ਹੁਕਮ ਦੇ ਰਿਹਾ ਹੈ ਅਤੇ .ਕੁਰਆਨ ਦੀਆਂ ਉਹ ਆਇਤਾਂ ਵੀ (ਚੇਤੇ ਕਰਵਾਉਂਦੀਆਂ ਹਨ ਕਿ) ਜਿਹੜੀਆਂ ਯਤੀਮ ਲੜਕੀਆਂ ਬਾਰੇ ਤੁਹਾਨੂੰ ਪੜ੍ਹ ਕੇ ਸੁਣਾਈਆਂ ਜਾਂਦੀਆਂ ਹਨ ਕਿ ਜਿਨ੍ਹਾਂ ਦਾ ਨਿਯਤ ਹੱਕ ਤੁਸੀਂ ਨਹੀਂ ਦਿੰਦੇ ਅਤੇ ਤੁਸੀਂ ਉਹਨਾਂ ਨੂੰ ਆਪਣੇ ਨਿਕਾਹ ਵਿਚ ਲਿਆਉਣਾ ਚਾਹੁੰਦੇ ਹੋ, ਅਤੇ ਅਜਿਹੇ ਬੱਚਿਆਂ ਦੇ ਬਾਰੇ ਵੀ ਜਿਹੜੇ ਕੁੱਝ ਵੀ ਜ਼ੋਰ ਨਹੀਂ ਰੱਖਦੇ, (ਤੁਹਾਨੂੰ ਹੁਕਮ ਦਿੰਦਾ ਹੈ ਕਿ) ਤੁਸੀਂ ਯਤੀਮਾਂ ਨਾਲ ਇਨਸਾਫ਼ ਕਰੋ ਅਤੇ ਤੁਸੀਂ ਜਿਹੜੀ ਵੀ ਨੇਕੀ ਕਰਦੇ ਹੋ ਬੇਸ਼ੱਕ ਅੱਲਾਹ ਉਸ ਦਾ ਗਿਆਨ ਰੱਖਦਾ ਹੈ।

وَيَسْتَفْتُونَكَ فِي النِّسَاءِ ۖ قُلِ اللَّهُ يُفْتِيكُمْ
فِيهِنَّ وَمَا يُتْلَىٰ عَلَيْكُمْ فِي الْكِتَابِ فِي
يَتَامَى النِّسَاءِ اللَّاتِي لَا تُؤْتُونَهُنَّ مَا كُتِبَ
لَهُنَّ وَتَرْغَبُونَ أَن تَنكِحُوهُنَّ
وَالْمُسْتَضْعَفِينَ مِنَ الْوِلْدَانِ وَأَن تَقُومُوا
لِلْيَتَامَىٰ بِالْقِسْطِ ۚ وَمَا تَفْعَلُوا مِنْ خَيْرٍ
فَإِنَّ اللَّهَ كَانَ بِهِ عَلِيمًا (127)

128. ਜੇ ਕਿਸੇ ਇਸਤਰੀ ਨੂੰ ਆਪਣੇ ਪਤੀ ਤੋਂ ਲੜਾਈ ਝਗੜੇ ਜਾਂ ਭੈੜੇ ਵਰਤਾਓ (ਤਲਾਕ) ਦਾ ਡਰ ਹੋਵੇ, ਜੇ ਦੋਵੇਂ (ਪਤੀ ਪਤਨੀ) ਆਪਸ ਵਿਚ ਕਿਸੇ ਵੀ ਤਰ੍ਹਾਂ ਦੀ ਸੁਲਾਹ ਕਰ ਲੈਣ ਤਾਂ ਇਸ ਵਿਚ ਕੋਈ ਗੁਨਾਹ ਨਹੀਂ ਸਗੋਂ ਸੁਲਾਹ ਸਫ਼ਾਈ ਤਾਂ ਵਧੇਰੇ ਚੰਗੀ ਹੈ। ਅੱਲਾਹ ਨੇ ਮਨੁੱਖੀ ਮਨ ਵਿਚ ਕੰਜੂਸੀ ਪਾ ਛੱਡੀ ਹੈ। ਜੇ ਤੁਸੀਂ ਲੋਕ ਅਹਿਸਾਨ ਭਾਵ ਸੋਹਣਾ ਵਰਤਾਵਾ ਕਰੋ ਅਤੇ ਪਰਹੇਜ਼ਗਾਰੀ ਤੋਂ ਕੰਮ ਲਵੋ ਤਾਂ ਤੁਸੀਂ ਜੋ ਵੀ ਕਰ ਰਹੇ ਹੋ ਉਸ ਨੂੰ ਅੱਲਾਹ ਚੰਗੀ ਤਰ੍ਹਾਂ ਜਾਣਦਾ ਹੈ।

وَإِنِ امْرَأَةٌ خَافَتْ مِنْ بَعْلِهَا نُشُوزًا أَوْ إِعْرَاضًا فَلَا جُنَاحَ عَلَيْهِمَا أَنْ يُصْلِحَا بَيْنَهُمَا صُلْحًا ۚ وَالصُّلْحُ خَيْرٌ ۗ وَأُحْضِرَتِ الْأَنْفُسُ الشُّحَّ ۚ وَإِنْ تُحْسِنُوا وَتَتَّقُوا فَإِنَّ اللَّهَ كَانَ بِمَا تَعْمَلُونَ خَبِيرًا (128)

129. ਤੁਹਾਥੋਂ ਇਹ ਕਦੇ ਨਹੀਂ ਹੋ ਸਕੇਗਾ ਕਿ ਤੁਸੀਂ ਆਪਣੀਆਂ ਸਾਰੀਆਂ ਪਤਨੀਆਂ ਨਾਲ ਇਕੋ ਜਿਹਾ ਵਿਵਹਾਰ (ਇਨਸਾਫ਼) ਕਰ ਸਕੋਂ ਭਾਵੇਂ ਤੁਸੀਂ ਇਸ ਲਈ ਕਿੰਨੀ ਹੀ ਚਾਹਤ ਅਤੇ ਕੋਸ਼ਿਸ਼ ਕਰ ਲਵੋਂ (ਤੁਸੀਂ ਨਹੀਂ ਕਰ ਸਕਦੇ) ਇਸ ਲਈ (ਅੱਲਾਹ ਹੁਕਮ ਦਿੰਦਾ ਹੈ ਕਿ) ਇਕ ਪਤਨੀ ਵੱਲ ਹੀ ਇੰਨਾ ਉੱਲਰ ਨਾ ਹੋ ਜਾਓ ਕਿ ਦੂਜੀ ਪਤਨੀ ਨੂੰ ਉੱਕਾ ਹੀ ਅੱਧ ਵਿਚਾਲੇ ਲਮਕਦਾ ਛੱਡ ਦਿਓ, ਜੇਕਰ ਤੁਸੀਂ ਆਪਣਾ ਇਹ ਵਤੀਰਾ ਠੀਕ ਕਰ ਲਵੋ ਅਤੇ ਅੱਲਾਹ ਤੋਂ ਡਰਦੇ ਰਹੋ ਤਾਂ ਅੱਲਾਹ ਵੀ (ਭੁੱਲਾਂ ਨੂੰ) ਮੁਆਫ਼ ਕਰਨ ਵਾਲਾ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

وَلَنْ تَسْتَطِيعُوا أَنْ تَعْدِلُوا بَيْنَ النِّسَاءِ وَلَوْ حَرَصْتُمْ ۖ فَلَا تَمِيلُوا كُلَّ الْمَيْلِ فَتَذَرُوهَا كَالْمُعَلَّقَةِ ۚ وَإِنْ تُصْلِحُوا وَتَتَّقُوا فَإِنَّ اللَّهَ كَانَ غَفُورًا رَحِيمًا (129)

130 ਪਰ ਜੇ ਪਤੀ ਪਤਨੀ ਇਕ ਦੂਜੇ ਤੋਂ (ਤਲਾਕ ਰਾਹੀਂ) ਜੁਦਾ ਹੋ ਹੀ ਜਾਣ ਤਾਂ ਅੱਲਾਹ ਆਪਣੀ ਵਿਸ਼ਾਲ ਕੁਦਰਤ ਨਾਲ ਹਰੇਕ ਨੂੰ ਦੂਜੇ ਦੀ ਮੁਥਾਜੀ ਤੋਂ ਬੇਪਰਵਾਹ ਕਰ ਦੇਵੇਗਾ। ਅੱਲਾਹ ਵੱਡਾ ਸਮਾਈ ਵਾਲਾ ਅਤੇ ਦਾਨਾ ਸਿਆਣਾ ਹੈ।

وَإِنْ يَتَفَرَّقَا يُغْنِ اللَّهُ كُلًّا مِنْ سَعَتِهِ ۚ وَكَانَ اللَّهُ وَاسِعًا حَكِيمًا (130)

131. ਅਕਾਸ਼ਾਂ ਤੇ ਧਰਤੀ ਵਿਚ ਜੋ ਕੁੱਝ ਹੈ ਹਰ ਚੀਜ਼ ਦਾ ਮਾਲਿਕ ਅੱਲਾਹ ਹੀ ਹੈ। ਅਸੀਂ ਉਹਨਾਂ ਲੋਕਾਂ ਨੂੰ ਜਿਨ੍ਹਾਂ ਨੂੰ ਤੁਹਾਥੋਂ ਪਹਿਲਾਂ ਕਿਤਾਬਾਂ ਦਿੱਤੀਆਂ ਸਨ, ਅਤੇ (ਹੇ ਮੁਸਲਮਾਨੋਂ!) ਤੁਹਾਨੂੰ ਵੀ ਇਹੋ ਹੁਕਮ ਦਿੱਤਾ ਹੈ ਕਿ ਅੱਲਾਹ ਤੋਂ ਡਰਦੇ ਰਹੋ, ਜੇ ਤੁਸੀਂ ਹੁਕਮ ਨਹੀਂ ਮੰਨੋਗੇ ਤਾਂ ਤੁਸੀਂ ਇਹ ਗੱਲ ਯਾਦ ਰੱਖੋ ਕਿ ਜੋ ਵੀ ਅਕਾਸ਼ ਵਿਚ ਹੈ ਅਤੇ ਜੋ ਵੀ ਧਰਤੀ ਵਿਚ ਹੈ ਉਹ ਸਭ ਅੱਲਾਹ ਦਾ ਹੀ ਹੈ। ਅੱਲਾਹ (ਤੁਹਾਡੇ ਹੁਕਮ ਮੰਨਣ ਜਾਂ ਨਾ ਮੰਨਣ ਤੋਂ) ਬੇਪਰਵਾਹ ਹੈ ਅਤੇ ਹਰ ਪ੍ਰਕਾਰ ਦੀ ਪ੍ਰਸੰਸਾ ਉਸੇ ਲਈ ਹੈ।

وَلِلّٰهِ مَا فِي السَّمٰوٰتِ وَمَا فِي الْأَرْضِ ۗ وَلَقَدْ
وَصَّيْنَا الَّذِيْنَ أُوْتُوا الْكِتٰبَ مِنْ قَبْلِكُمْ وَإِيَّاكُمْ
أَنِ اتَّقُوا اللّٰهَ ۗ وَإِنْ تَكْفُرُوْا فَإِنَّ لِلّٰهِ مَا فِي
السَّمٰوٰتِ وَمَا فِي الْأَرْضِ ۗ وَكَانَ اللّٰهُ غَنِيًّا
حَمِيْدًا ﴿١٣١﴾

132 ਅਕਾਸ਼ਾਂ ਅਤੇ ਧਰਤੀ ਦਾ ਮਾਲਿਕ ਅੱਲਾਹ ਹੈ ਅਤੇ ਕੰਮ ਸੁਆਰਨ ਵਾਲਾ ਵੀ ਅੱਲਾਹ ਹੀ ਹੈ।

وَلِلّٰهِ مَا فِي السَّمٰوٰتِ وَمَا فِي الْأَرْضِ ۗ
وَكَفٰى بِاللّٰهِ وَكِيْلًا ﴿١٣٢﴾

133 (ਹੇ ਲੋਕੋ!) ਜੇ ਉਹ (ਅੱਲਾਹ) ਚਾਹੇ ਤਾਂ ਉਹ ਤੁਹਾਨੂੰ ਸਭ ਨੂੰ ਪਰਾਂ ਹਟਾ ਕੇ ਤੁਹਾਡੀ ਥਾਂ ਦੂਜਿਆਂ ਨੂੰ ਲੈ ਆਵੇ। ਅੱਲਾਹ ਇੰਜ ਕਰਨ ਦੀ ਪੂਰੀ ਕੁਦਰਤ ਰੱਖਦਾ ਹੈ।

إِنْ يَّشَأْ يُذْهِبْكُمْ أَيُّهَا النَّاسُ وَيَأْتِ بِاٰخَرِيْنَ ۗ
وَكَانَ اللّٰهُ عَلٰى ذٰلِكَ قَدِيْرًا ﴿١٣٣﴾

134. ਜਿਹੜਾ ਵਿਅਕਤੀ ਕੇਵਲ ਦੁਨੀਆਂ ਦੀ ਭਲਾਈ ਚਾਹੁੰਦਾ ਹੈ ਤਾਂ ਉਸ ਨੂੰ ਇਸ ਗੱਲ ਦਾ ਪਤਾ ਹੋਣਾ ਚਾਹੀਦਾ ਹੈ ਕਿ ਅੱਲਾਹ ਦੇ ਕੋਲ ਤਾਂ ਦੁਨੀਆਂ ਅਤੇ ਆਖ਼ਿਰਤ (ਦੋਵੇਂ ਥਾਵਾਂ) ਦੀ ਭਲਾਈ ਹੈ। ਅੱਲਾਹ (ਤੁਹਾਡੀਆਂ ਸਾਰੀਆਂ ਗੱਲਾਂ ਨੂੰ) ਸੁਣਨ ਵਾਲਾ ਅਤੇ (ਤੁਹਾਡੇ ਹਰ ਕੰਮ ਨੂੰ) ਵੇਖਣ ਵਾਲਾ ਹੈ।

مَنْ كَانَ يُرِيْدُ ثَوَابَ الدُّنْيَا فَعِنْدَ اللّٰهِ ثَوَابُ
الدُّنْيَا وَالْاٰخِرَةِ ۗ وَكَانَ اللّٰهُ سَمِيْعًا بَصِيْرًا ﴿١٣٤﴾

135. ਹੇ ਈਮਾਨ ਵਾਲਿਓ! ਇਨਸਾਫ਼ ਉੱਤੇ ਮਜ਼ਬੂਤੀ ਨਾਲ ਡਟ ਜਾਓ ਅਤੇ ਅੱਲਾਹ ਲਈ ਸੱਚੀ ਗਵਾਹੀ ਦੇਣ ਵਾਲੇ ਬਣ ਜਾਓ ਭਾਵੇਂ ਉਹ ਤੁਹਾਡੇ ਆਪਣੇ ਵਿਰੁੱਧ ਹੋਵੇ ਜਾਂ ਤੁਹਾਡੇ ਆਪਣੇ ਮਾਂ ਬਾਪ ਜਾਂ ਰਿਸ਼ਤੇਦਾਰਾਂ ਦੇ ਵਿਰੁੱਧ

يٰۤأَيُّهَا الَّذِيْنَ اٰمَنُوْا كُوْنُوْا قَوّٰمِيْنَ بِالْقِسْطِ
شُهَدَآءَ لِلّٰهِ وَلَوْ عَلٰۤى أَنْفُسِكُمْ أَوِ الْوَالِدَيْنِ
وَالْأَقْرَبِيْنَ ۚ إِنْ يَّكُنْ غَنِيًّا أَوْ فَقِيْرًا فَاللّٰهُ
أَوْلٰى بِهِمَا ۖ فَلَا تَتَّبِعُوا الْهَوٰۤى أَنْ تَعْدِلُوْا ۚ

ਹੋਵੇ।[1] ਮਾਮਲੇ ਨਾਲ ਸੰਬੰਧਤ ਧਿਰ ਭਾਵੇਂ ਅਮੀਰ ਹੋਵੇ ਜਾਂ ਗ਼ਰੀਬ, ਦੋਵੇਂ ਹਾਲਤਾਂ ਵਿਚ ਤੁਹਾਥੋਂ ਵੱਧ ਅੱਲਾਹ ਉਹਨਾਂ ਦਾ ਸ਼ੁਭ-ਚਿੰਤਕ ਹੈ। ਇਸ ਲਈ ਤੁਸੀਂ ਆਪਣੀਆਂ ਇੱਛਾਵਾਂ ਦੇ ਪਿੱਛੇ ਲੱਗ ਕੇ ਇਨਸਾਫ਼ ਦਾ ਪੱਲਾ ਨਾ ਛੱਡੋ। ਜੇਕਰ ਤੁਸੀਂ (ਇਨਸਾਫ਼ ਕਰਨ ਸਮੇਂ) ਗੋਲ ਮੋਲ ਗੱਲ ਕੀਤੀ ਜਾਂ ਆਪਣੇ ਆਪ ਨੂੰ ਗਵਾਹੀ ਦੇਣ ਤੋਂ ਬਚਾਇਆ ਤਾਂ ਯਾਦ ਰੱਖੋ ਕਿ ਜੋ ਕੁੱਝ ਤੁਸੀਂ ਕਰਦੇ ਹੋ ਅੱਲਾਹ ਉਸਤੋਂ ਪੂਰੀ ਤਰ੍ਹਾਂ ਜਾਣੂ ਹੈ।

وَإِن تَلْوُۥٓا۟ أَوْ تُعْرِضُوا۟ فَإِنَّ ٱللَّهَ كَانَ بِمَا تَعْمَلُونَ خَبِيرًا (135)

136 ਹੇ ਈਮਾਨ ਵਾਲਿਓ! ਅੱਲਾਹ ਅਤੇ ਉਸ ਦੇ ਰਸੂਲ (ਮੁਹੰਮਦ ਸ॰) ਅਤੇ ਉਸ ਕਿਤਾਬ (ਕੁਰਆਨ) ਉੱਤੇ, ਜਿਹੜੀ ਉਸ ਨੇ ਆਪਣੇ ਰਸੂਲ 'ਤੇ ਨਾਜ਼ਿਲ ਕੀਤੀ ਹੈ ਅਤੇ ਉਹਨਾਂ ਕਿਤਾਬਾਂ (ਤੌਰੇਤ, ਜ਼ਬੂਰ, ਇੰਜੀਲ) 'ਤੇ, ਜੋ ਉਸ ਨੇ ਇਸ ਕੁਰਆਨ ਤੋਂ ਪਹਿਲਾਂ ਨਾਜ਼ਿਲ ਕੀਤੀਆਂ ਹਨ, ਈਮਾਨ ਲੈ ਆਓ। ਜਿਹੜਾ ਵਿਅਕਤੀ ਅੱਲਾਹ, ਉਸ ਦੇ ਫ਼ਰਿਸ਼ਤੇ, ਉਸ ਦੀਆਂ ਕਿਤਾਬਾਂ, ਉਸ ਦੇ ਰਸੂਲਾਂ ਅਤੇ ਕਿਆਮਤ ਦੇ ਦਿਨ ਤੋਂ ਇਨਕਾਰ ਕਰੇਗਾ, ਉਹ ਗੁਮਰਾਹੀ ਵਿਚ ਭਟਕਦਾ ਹੋਇਆ ਬਹੁਤ ਦੂਰ ਨਿੱਕਲ ਗਿਆ।

يَٰٓأَيُّهَا ٱلَّذِينَ ءَامَنُوٓا۟ ءَامِنُوا۟ بِٱللَّهِ وَرَسُولِهِۦ وَٱلْكِتَٰبِ ٱلَّذِى نَزَّلَ عَلَىٰ رَسُولِهِۦ وَٱلْكِتَٰبِ ٱلَّذِىٓ أَنزَلَ مِن قَبْلُ ۚ وَمَن يَكْفُرْ بِٱللَّهِ وَمَلَٰٓئِكَتِهِۦ وَكُتُبِهِۦ وَرُسُلِهِۦ وَٱلْيَوْمِ ٱلْءَاخِرِ فَقَدْ ضَلَّ ضَلَٰلًۢا بَعِيدًا (136)

137. ਜਿਨ੍ਹਾਂ ਲੋਕਾਂ ਨੇ ਈਮਾਨ ਲੈ ਆਉਣ ਮਗਰੋਂ ਇਨਕਾਰ ਕੀਤਾ ਫੇਰ ਈਮਾਨ ਲੈ ਆਏ ਫੇਰ ਇਨਕਾਰ ਕੀਤਾ ਅਤੇ ਕੁਫ਼ਰ ਵਿਚ ਵਧਦੇ ਹੀ ਚਲੇ ਗਏ, ਅੱਲਾਹ ਉਹਨਾਂ ਨੂੰ ਵੀ ਮੁਆਫ਼ ਨਹੀਂ ਕਰੇਗਾ ਅਤੇ ਨਾ ਹੀ ਉਹਨਾਂ ਨੂੰ ਕਦੇ ਸਿੱਧਾ ਰਾਹ ਵਿਖਾਵੇਗਾ।

إِنَّ ٱلَّذِينَ ءَامَنُوا۟ ثُمَّ كَفَرُوا۟ ثُمَّ ءَامَنُوا۟ ثُمَّ كَفَرُوا۟ ثُمَّ ٱزْدَادُوا۟ كُفْرًا لَّمْ يَكُنِ ٱللَّهُ لِيَغْفِرَ لَهُمْ وَلَا لِيَهْدِيَهُمْ سَبِيلًۢا (137)

---

[1] ਇਸ ਆਇਤ ਵਿਚ ਸੱਚੀ ਗਵਾਹੀ ਦੇਣ ਲਈ ਨਸੀਹਤ ਕੀਤੀ ਗਈ ਹੈ ਕਿਉਂ ਜੋ ਝੂਠੀ ਗਵਾਹੀ ਵੱਡੇ ਗੁਨਾਹਾਂ ਵਿਚ ਗਿਣੀ ਜਾਂਦੀ ਹੈ ਆਪ ਸ: ਤੋਂ ਜਦੋਂ ਗੁਨਾਹੇ ਕਬੀਰਾ ਭਾਵ ਮਹਾ ਪਾਪਾਂ ਬਾਰੇ ਪੁੱਛਿਆ ਗਿਆ ਤਾਂ ਆਪ ਸ. ਨੇ ਫ਼ਰਮਾਇਆ (1) ਅੱਲਾਹ ਦੇ ਸੰਗ ਕਿਸੇ ਦੂਜੇ ਨੂੰ ਵੀ ਇਬਾਦਤ ਵਿਚ ਸ਼ਰੀਕ ਕਰਨਾ (2) ਮਾਪਿਆਂ ਦੀ ਨਾ-ਫ਼ਰਮਾਨੀ ਕਰਨਾ (3) ਨਾ ਹੱਕਾ ਕਤਲ ਕਰਨਾ (4) ਝੂਠੀ ਗਵਾਹੀ ਦੇਣਾ (ਸਹੀ ਬੁਖ਼ਾਰੀ, ਹਦੀਸ 2653)

بَشِّرِ الْمُنٰفِقِيْنَ بِاَنَّ لَهُمْ عَذَابًا اَلِيْمَا (138)

138. ਹੇ ਨਬੀ! ਮੁਨਾਫ਼ਿਕਾਂ ਨੂੰ ਖ਼ਬਰਦਾਰ ਕਰ ਦਿਓ ਕਿ ਉਹਨਾਂ ਲਈ ਦੁਖਦਾਈ ਅਜ਼ਾਬ ਹੈ।

الَّذِيْنَ يَتَّخِذُوْنَ الْكٰفِرِيْنَ اَوْلِيَآءَ مِنْ دُوْنِ
الْمُؤْمِنِيْنَ اَيَبْتَغُوْنَ عِنْدَهُمُ الْعِزَّةَ فَاِنَّ
الْعِزَّةَ لِلّٰهِ جَمِيْعًا (139)

139. ਜਿਹੜੇ ਲੋਕ ਮੁਸਲਮਾਨਾਂ ਨੂੰ ਛੱਡ ਕੇ ਕਾਫ਼ਿਰਾਂ ਨੂੰ ਆਪਣਾ ਦੋਸਤ ਬਣਾਉਂਦੇ ਹਨ, ਉਹ ਦੱਸਣ, ਕੀ ਉਹ ਉਹਨਾਂ ਕੋਲ ਇੱਜ਼ਤ ਲਈ ਜਾਂਦੇ ਹਨ? ਯਾਦ ਰੱਖੋ ਕਿ ਇੱਜ਼ਤ ਤਾਂ ਸਾਰੀ ਦੀ ਸਾਰੀ ਅੱਲਾਹ ਲਈ ਹੈ।

وَقَدْ نَزَّلَ عَلَيْكُمْ فِي الْكِتٰبِ اَنْ اِذَا سَمِعْتُمْ
اٰيٰتِ اللّٰهِ يُكْفَرُ بِهَا وَيُسْتَهْزَاُ بِهَا فَلَا تَقْعُدُوْا
مَعَهُمْ حَتّٰى يَخُوْضُوْا فِيْ حَدِيْثٍ غَيْرِهٖٓ اِنَّكُمْ
اِذًا مِّثْلُهُمْ اِنَّ اللّٰهَ جَامِعُ الْمُنٰفِقِيْنَ وَالْكٰفِرِيْنَ
فِيْ جَهَنَّمَ جَمِيْعَا (140)

140. ਅੱਲਾਹ ਤੁਹਾਡੇ ਲਈ ਆਪਣੀ ਕਿਤਾਬ (ਕ਼ੁਰਆਨ) ਵਿਚ ਇਹ ਹੁਕਮ ਉਤਾਰ ਚੁੱਕਿਆ ਹੈ ਕਿ ਜਦੋਂ ਤੁਸੀਂ ਕਿਸੇ ਥਾਂ ਅੱਲਾਹ ਦੀਆਂ ਆਇਤਾਂ (ਹੁਕਮਾਂ) ਤੋਂ ਇਨਕਾਰ ਕਰਦੇ ਅਤੇ ਮਖ਼ੌਲ ਕਰਦੇ ਵੇਖੋ ਤਾਂ ਤੁਸੀਂ ਉਸ ਸਭਾ ਵਿਚ ਨਾ ਬੈਠੋ, ਜਦੋਂ ਤਕ ਕਿ ਉਹ ਲੋਕ ਦੂਜੀਆਂ ਗੱਲਾਂ ਵਿਚ ਨਾ ਲੱਗ ਜਾਣ। (ਜੇ ਤੁਸੀਂ ਇੰਜ ਨਾ ਕੀਤਾ) ਤਾਂ ਤੁਸੀਂ ਵੀ ਉਸ ਸਮੇਂ ਉਹਨਾਂ ਵਰਗੇ ਹੀ ਹੋ ਜਾਓਗੇ। ਬੇਸ਼ੱਕ ਅੱਲਾਹ ਇਕ ਦਿਨ ਸਾਰੇ ਮੁਨਾਫ਼ਿਕਾਂ ਅਤੇ ਕਾਫ਼ਿਰਾਂ ਨੂੰ ਨਰਕ ਵਿਚ ਜਮਾਂ ਕਰਨ ਵਾਲਾ ਹੈ।

الَّذِيْنَ يَتَرَبَّصُوْنَ بِكُمْ فَاِنْ كَانَ لَكُمْ فَتْحٌ مِّنَ
اللّٰهِ قَالُوْٓا اَلَمْ نَكُنْ مَّعَكُمْ وَاِنْ كَانَ لِلْكٰفِرِيْنَ
نَصِيْبٌ قَالُوْٓا اَلَمْ نَسْتَحْوِذْ عَلَيْكُمْ وَنَمْنَعْكُمْ مِّنَ
الْمُؤْمِنِيْنَ فَاللّٰهُ يَحْكُمُ بَيْنَكُمْ يَوْمَ الْقِيٰمَةِ وَلَنْ
يَّجْعَلَ اللّٰهُ لِلْكٰفِرِيْنَ عَلَى الْمُؤْمِنِيْنَ سَبِيْلًا (141)

141. ਇਹ (ਮੁਨਾਫ਼ਿਕ) ਲੋਕ ਤੁਹਾਡੇ ਅੰਜਾਮ ਦੀ ਉਡੀਕ ਕਰਦੇ ਰਹਿੰਦੇ ਹਨ, ਫੇਰ ਜੇਕਰ ਤੁਹਾਨੂੰ ਅੱਲਾਹ ਕਾਮਯਾਬੀ ਦੇ ਦੇਵੇ ਤਾਂ ਇਹ ਕਹਿੰਦੇ ਹਨ "ਕੀ ਅਸੀਂ ਤੁਹਾਡੇ ਨਾਲ ਨਹੀਂ ਸਾਂ?" ਜੇ ਕਾਫ਼ਿਰਾਂ ਦਾ ਪੱਲਾ ਭਾਰੀ ਹੋ ਜਾਵੇ ਤਾਂ ਉਹਨਾਂ ਨੂੰ ਆਖਦੇ ਹਨ "ਕੀ ਅਸੀਂ ਤੁਹਾਡੇ 'ਤੇ ਭਾਰੂ ਹੋਣ ਵਾਲੇ ਨਹੀਂ ਸਾਂ? ਕੀ ਅਸੀਂ ਤੁਹਾਨੂੰ ਮੁਸਲਮਾਨਾਂ ਦੇ ਹੱਥੋਂ ਨਹੀਂ ਬਚਾਇਆ?" ਕਿਆਮਤ ਵਾਲੇ ਦਿਨ ਅੱਲਾਹ ਉਹਨਾਂ ਮੁਨਾਫ਼ਿਕਾਂ ਵਿਚਾਲੇ ਫ਼ੈਸਲਾ ਕਰ ਦੇਵੇਗਾ। ਅੱਲਾਹ ਕਾਫ਼ਿਰਾਂ ਨੂੰ ਈਮਾਨ ਵਾਲਿਆਂ ਵਿਰੁੱਧ (ਭਾਰੂ) ਹੋਣ ਦਾ ਕੋਈ ਵੀ ਰਾਹ ਨਹੀਂ ਦੇਵੇਗਾ

142. ਬੇਸ਼ੱਕ ਮੁਨਾਫ਼ਿਕ ਅੱਲਾਹ ਨਾਲ ਧੋਖਾ ਕਰਦੇ ਹਨ ਜਦ ਕਿ ਅੱਲਾਹ ਨੇ ਹੀ ਇਹਨਾਂ (ਮੁਨਾਫ਼ਿਕਾਂ) ਨੂੰ ਧੋਖੇ ਵਿਚ ਪਾ ਛੱਡਿਆ ਹੈ। ਜਦੋਂ ਇਹ ਨਮਾਜ਼ ਲਈ ਖੜ੍ਹੇ ਹੁੰਦੇ ਹਨ ਤਾਂ ਬੜੀ ਹੀ ਬੇਦਿਲੀ ਤੇ ਲੋਕ ਵਿਖਾਵੇ ਲਈ ਖੜ੍ਹੇ ਹੁੰਦੇ ਹਨ ਅਤੇ ਅੱਲਾਹ ਨੂੰ ਤਾਂ ਬਹੁਤ ਹੀ ਘੱਟ ਯਾਦ ਕਰਦੇ ਹਨ।

إِنَّ الْمُنَافِقِينَ يُخَادِعُونَ اللَّهَ وَهُوَ خَادِعُهُمْ وَإِذَا قَامُوا إِلَى الصَّلَاةِ قَامُوا كُسَالَىٰ يُرَاءُونَ النَّاسَ وَلَا يَذْكُرُونَ اللَّهَ إِلَّا قَلِيلًا (142)

143. ਇਹ ਕੁਫ਼ਰ ਅਤੇ ਈਮਾਨ ਵਿਚਾਲੇ ਡਾਵਾਂਡੋਲ ਹਨ, ਨਾ ਪੂਰੇ ਇਸ ਪਾਸੇ ਅਤੇ ਨਾ ਹੀ ਪੂਰੇ ਉਸ ਪਾਸੇ ਅਤੇ ਅੱਲਾਹ ਜਿਸ ਨੂੰ ਗੁਮਰਾਹੀ ਵਿਚ ਪਾ ਦੇਵੇ ਤੁਸੀਂ ਉਸ ਲਈ ਹੋਰ ਕੋਈ ਰਾਹ ਨਹੀਂ ਲੱਭ ਸਕਦੇ।

مُّذَبْذَبِينَ بَيْنَ ذَٰلِكَ لَا إِلَىٰ هَٰؤُلَاءِ وَلَا إِلَىٰ هَٰؤُلَاءِ ۚ وَمَن يُضْلِلِ اللَّهُ فَلَن تَجِدَ لَهُ سَبِيلًا (143)

144. ਹੇ ਈਮਾਨ ਵਾਲਿਓ! ਮੋਮਿਨਾਂ ਨੂੰ ਛੱਡ ਕੇ ਕਾਫ਼ਿਰਾਂ ਨੂੰ ਆਪਣਾ ਦੋਸਤ ਨਾ ਬਣਾਓ। ਕੀ ਤੁਸੀਂ ਚਾਹੁੰਦੇ ਹੋ ਕਿ ਅੱਲਾਹ ਨੂੰ ਆਪਣੇ ਵਿਰੁੱਧ ਸਪਸ਼ਟ ਦਲੀਲ ਦੇ ਦਿਓ?

يَا أَيُّهَا الَّذِينَ آمَنُوا لَا تَتَّخِذُوا الْكَافِرِينَ أَوْلِيَاءَ مِن دُونِ الْمُؤْمِنِينَ ۚ أَتُرِيدُونَ أَن تَجْعَلُوا لِلَّهِ عَلَيْكُمْ سُلْطَانًا مُّبِينًا (144)

145. ਮੁਨਾਫ਼ਿਕ ਤਾਂ ਜ਼ਰੂਰ ਹੀ ਨਰਕ ਦੇ ਸਭ ਤੋਂ ਹੇਠਲੇ ਦਰਜੇ ਵਿਚ ਜਾਣਗੇ[1] ਅਤੇ ਤੁਸੀਂ

إِنَّ الْمُنَافِقِينَ فِي الدَّرْكِ الْأَسْفَلِ مِنَ النَّارِ وَلَن تَجِدَ لَهُمْ نَصِيرًا (145)

---

[1] ਇਸ ਵਿਚ ਦੱਸਿਆ ਗਿਆ ਹੈ ਕਿ ਇਸ ਵਿਚ ਮੁਨਾਫ਼ਿਕਾਂ ਵਾਲੀਆਂ ਸਿਫ਼ਤਾਂ ਤੋਂ ਬਚ ਕੇ ਰਹੋ। ਹਦੀਸ ਵਿਚ ਇਹ ਖ਼ੂਬੀਆਂ ਦੱਸੀਆਂ ਗਈਆਂ ਹਨ। ਨਬੀ ਕਰੀਮ ਸ: ਦਾ ਫ਼ਰਮਾਨ ਹੈ ਕਿ ਚਾਰ ਗੱਲਾਂ ਜਿਸ ਕਿਸੇ ਵਿਚ ਹੋਣਗੀਆਂ ਉਹ ਪੱਕਾ ਮੁਨਾਫ਼ਿਕ ਹੈ ਜਿਸ ਕਿਸੇ ਵਿਚ ਉਹਨਾਂ ਚਾਰਾਂ ਵਿੱਚੋਂ ਇਕ ਔਗੁਣ ਪਾਇਆ ਜਾਵੇਗਾ। ਉਸ ਵਿਚ ਇਕ ਔਗੁਣ ਨਿਫ਼ਾਕ ਦਾ ਵੀ ਹੈ। ਜਦੋਂ ਤਕ ਕਿ ਉਹ ਉਸ ਨੂੰ ਛੱਡ ਨਾ ਦੇਵੇ ਉਹ ਗੱਲਾਂ ਜਾਂ ਔਗੁਣ ਇਹ ਹਨ : (1) ਜਦੋਂ ਉਸ ਦੇ ਕੋਲ ਕੋਈ ਅਮਾਨਤ ਰੱਖੀ ਜਾਵੇ ਤਾਂ ਉਸ ਵਿਚ ਖ਼ਿਆਨਤ ਕਰੇ। (2) ਜਦੋਂ ਬੋਲੇ ਤਾਂ ਝੂਠ ਬੋਲੇ। (3) ਜਦ ਵਾਅਦਾ ਕਰੇ ਤਾਂ ਉਸ ਨੂੰ ਪੂਰਾ ਨਾ ਕਰੇ। (4) ਜਦੋਂ ਝਗੜਾ ਕਰੇ ਤਾਂ ਗਾਲ੍ਹਾਂ ਕੱਢੇ। (ਸਹੀ ਬੁਖ਼ਾਰੀ, ਹਦੀਸ: 34)

• ਅੱਲਾਹ ਦੇ ਰਸੂਲ ਸ: ਨੇ ਇਹ ਵੀ ਫ਼ਰਮਾਇਆ ਹੈ ਕਿ ਕਿਆਮਤ ਦਿਹਾੜੇ ਤੁਸੀਂ ਅੱਲਾਹ ਦੇ ਕੋਲ ਉਸ ਵਿਅਕਤੀ ਨੂੰ ਸਭ ਤੋਂ ਵੱਧ ਭੈੜੇ ਲੋਕਾਂ ਵਿਚ ਵੇਖੋਗੇ ਜਿਹੜੇ ਦੋ ਮੂੰਹੇ ਹਨ ਭਾਵ ਕੁੱਝ ਲੋਕਾਂ ਕੋਲ ਤਾਂ ਇਕ ਮੂੰਹ ਲੈਕੇ ਜਾਂਦੇ ਹਨ ਅਤੇ ਦੂਜਿਆਂ ਕੋਲ ਦੂਜਾ ਮੂੰਹ ਲੈਕੇ ਜਾਂਦੇ ਹਨ (ਭਾਵ ਵੱਖ ਵੱਖ ਗੱਲਾਂ ਕਰਦੇ ਹਨ)। (ਸਹੀ ਬੁਖ਼ਾਰੀ, ਹਦੀਸ: 6058)

ਉੱਥੇ ਉਹਨਾਂ ਦਾ ਕੋਈ ਵੀ ਸਹਾਈ ਨਾ ਵੇਖੋਗੇ।

إِلَّا الَّذِينَ تَابُوا وَأَصْلَحُوا وَاعْتَصَمُوا بِاللَّهِ
وَأَخْلَصُوا دِينَهُمْ لِلَّهِ فَأُولَٰئِكَ مَعَ الْمُؤْمِنِينَ ۖ
وَسَوْفَ يُؤْتِ اللَّهُ الْمُؤْمِنِينَ أَجْرًا عَظِيمًا ﴿١٤٦﴾

146. ਹਾਂ। ਜਿਹੜੇ (ਇਹਨਾਂ ਵਿੱਚੋਂ) ਤੌਬਾ ਕਰ ਲੈਣ ਅਤੇ ਆਪਣੇ ਵਤੀਰੇ ਦਾ ਸੁਧਾਰ ਕਰ ਲੈਣ ਅਤੇ ਅੱਲਾਹ ਦੇ ਲੜ ਲੱਗ ਜਾਣ ਅਤੇ ਧਰਮ ਨੂੰ ਅੱਲਾਹ ਵਾਸਤੇ ਖ਼ਾਲਸ ਕਰ ਲੈਣ, ਅਜਿਹੇ ਲੋਕ ਹੀ ਮੋਮਿਨਾਂ ਦੇ ਸਾਥੀ ਹੋਣਗੇ। ਅੱਲਾਹ ਮੋਮਿਨਾਂ ਨੂੰ ਛੇਤੀ ਹੀ ਬਹੁਤ ਵੱਡਾ ਬਦਲਾ ਦੇਵੇਗਾ।

مَا يَفْعَلُ اللَّهُ بِعَذَابِكُمْ إِنْ شَكَرْتُمْ وَآمَنْتُمْ ۚ
وَكَانَ اللَّهُ شَاكِرًا عَلِيمًا ﴿١٤٧﴾

147 ਜੇ ਤੁਸੀਂ ਉਸ ਦਾ ਸ਼ੁਕਰ ਅਦਾ ਕਰਦੇ ਰਹੋ ਅਤੇ ਈਮਾਨ ਵਾਲੇ ਬਣ ਕੇ ਰਹੋ ਫੇਰ ਅੱਲਾਹ ਤੁਹਾਨੂੰ ਸਜ਼ਾ ਦੇ ਕੇ ਕੀ ਕਰੇਗਾ? ਅੱਲਾਹ (ਤੁਹਾਡੀ) ਬਹੁਤ ਕਦਰ ਕਰਨ ਵਾਲਾ ਹੈ ਅਤੇ (ਤੁਹਾਡੇ ਸਾਰੇ ਅਮਲਾਂ ਤੇ ਇੱਛਾਵਾਂ ਦਾ) ਗਿਆਨ ਰੱਖਣ ਵਾਲਾ ਹੈ।

148. ਕਿਸੇ ਦੀ ਬੁਰਾਈ ਨੂੰ ਉੱਚੀ ਅਵਾਜ਼ ਨਾਲ ਬਿਆਨ (ਜ਼ਾਹਰ ਕਰਨਾ) ਕਰਨ ਨੂੰ ਅੱਲਾਹ ਪਸੰਦ ਨਹੀਂ ਕਰਦਾ, ਹਾਂ ਜੇ ਕਿਸੇ 'ਤੇ ਜ਼ੁਲਮ ਹੋਇਆ ਹੈ (ਉਸ ਨੂੰ ਇਜਾਜ਼ਤ ਹੈ) ਅਤੇ ਅੱਲਾਹ ਹਰ ਗੱਲ ਨੂੰ ਚੰਗੀ ਤਰ੍ਹਾਂ ਸੁਣਦਾ ਅਤੇ ਜਾਣਦਾ ਹੈ।

لَا يُحِبُّ اللّٰهُ الْجَهْرَ بِالسُّوْٓءِ مِنَ الْقَوْلِ
اِلَّا مَنْ ظُلِمَ ؕ وَكَانَ اللّٰهُ سَمِيْعًا عَلِيْمًا ﴿۱۴۸﴾

149. ਜੇ ਤੁਸੀਂ ਕਿਸੇ ਨੇਕੀ ਦੇ ਕੰਮ ਨੂੰ ਭਾਵੇਂ ਖੁੱਲ੍ਹੇ ਆਮ ਕਰੋ ਜਾਂ ਲੁਕ ਛੁਪ ਕੇ ਕਰੋ ਜਾਂ ਕਿਸੇ ਵੱਲੋਂ ਕੀਤੀ ਹੋਈ ਵਧੀਕੀ ਨੂੰ ਮੁਆਫ਼ ਕਰ ਦੇਵੋ ਤਾਂ ਅੱਲਾਹ ਵੀ ਬਹੁਤ ਵੱਡਾ ਬਖ਼ਸ਼ਣਹਾਰ ਹੈ ਅਤੇ ਹਰ ਤਰ੍ਹਾਂ ਦੀ ਸਮਰਥਾ ਰੱਖਦਾ ਹੈ।

اِنْ تُبْدُوْا خَيْرًا اَوْ تُخْفُوْهُ اَوْ تَعْفُوْا عَنْ سُوْٓءٍ
فَاِنَّ اللّٰهَ كَانَ عَفُوًّا قَدِيْرًا ﴿۱۴۹﴾

150 ਜਿਹੜੇ ਲੋਕੀ ਅੱਲਾਹ ਅਤੇ ਉਸ ਦੇ ਪੈਗ਼ੰਬਰਾਂ ਦਾ ਇਨਕਾਰ ਕਰਦੇ ਹਨ ਅਤੇ ਚਾਹੁੰਦੇ ਹਨ ਕਿ ਉਹ ਅੱਲਾਹ ਅਤੇ ਉਸ ਦੇ ਰਸੂਲਾਂ ਵਿਚਕਾਰ ਵਿਤਕਰਾ ਕਰਨ, ਉਹ ਇਹ ਕਹਿੰਦੇ ਹਨ "ਕੁੱਝ ਨਬੀਆਂ ਉੱਤੇ ਤਾਂ ਸਾਡਾ ਈਮਾਨ ਹੈ ਅਤੇ ਕੁੱਝ 'ਤੇ ਨਹੀਂ" ਅਤੇ ਚਾਹੁੰਦੇ ਹਨ ਕਿ ਕੁਫ਼ਰ ਅਤੇ ਈਮਾਨ ਦੇ ਵਿਚਕਾਰ ਇਕ ਰਸਤਾ ਕੱਢੀਏ।

اِنَّ الَّذِيْنَ يَكْفُرُوْنَ بِاللّٰهِ وَرُسُلِهٖ وَيُرِيْدُوْنَ
اَنْ يُّفَرِّقُوْا بَيْنَ اللّٰهِ وَرُسُلِهٖ وَيَقُوْلُوْنَ نُؤْمِنُ
بِبَعْضٍ وَّنَكْفُرُ بِبَعْضٍ ۙ وَّيُرِيْدُوْنَ اَنْ يَّتَّخِذُوْا
بَيْنَ ذٰلِكَ سَبِيْلًا ﴿۱۵۰﴾

151. ਸੱਚ ਜਾਣੋ ਕਿ ਇਹ ਸਾਰੇ ਲੋਕ ਅਸਲੀ ਕਾਫ਼ਿਰ ਹਨ ਅਤੇ ਕਾਫ਼ਿਰਾਂ ਲਈ ਅਸੀਂ ਜ਼ਲੀਲ ਕਰਨ ਵਾਲੀ ਸਜ਼ਾ ਤਿਆਰ ਕੀਤੀ ਹੋਈ ਹੈ।

اُولٰٓئِكَ هُمُ الْكٰفِرُوْنَ حَقًّا ۚ وَاَعْتَدْنَا لِلْكٰفِرِيْنَ
عَذَابًا مُّهِيْنًا ﴿۱۵۱﴾

152. ਅਤੇ ਜਿਹੜੇ ਲੋਕ ਅੱਲਾਹ ਅਤੇ ਉਸ ਦੇ ਸਾਰੇ ਪੈਗ਼ੰਬਰਾਂ ਉੱਤੇ ਈਮਾਨ ਲੈ ਆਉਣਗੇ ਅਤੇ ਉਹਨਾਂ ਵਿਚਕਾਰ ਕੋਈ ਵਿਤਕਰਾ ਨਹੀਂ ਕਰਦੇ ਇਹ ਉਹ ਹਨ ਜਿਨ੍ਹਾਂ ਨੂੰ ਅੱਲਾਹ ਛੇਤੀ ਹੀ ਸੋਹਣਾ ਬਦਲਾ ਦੇਵੇਗਾ। ਅੱਲਾਹ ਬੜਾ ਹੀ ਬਖ਼ਸ਼ਣਹਾਰ ਅਤੇ ਵੱਡੀਆਂ ਰਹਿਮਤਾਂ ਵਾਲਾ ਹੈ।

وَالَّذِيْنَ اٰمَنُوْا بِاللّٰهِ وَرُسُلِهٖ وَلَمْ يُفَرِّقُوْا بَيْنَ
اَحَدٍ مِّنْهُمْ اُولٰٓئِكَ سَوْفَ يُؤْتِيْهِمْ اُجُوْرَهُمْ ؕ
وَكَانَ اللّٰهُ غَفُوْرًا رَّحِيْمًا ﴿۱۵۲﴾

يَسْـَٔلُكَ أَهْلُ ٱلْكِتَٰبِ أَن تُنَزِّلَ عَلَيْهِمْ كِتَٰبًا مِّنَ ٱلسَّمَآءِ ۚ فَقَدْ سَأَلُوا۟ مُوسَىٰٓ أَكْبَرَ مِن ذَٰلِكَ فَقَالُوٓا۟ أَرِنَا ٱللَّهَ جَهْرَةً فَأَخَذَتْهُمُ ٱلصَّٰعِقَةُ بِظُلْمِهِمْ ۚ ثُمَّ ٱتَّخَذُوا۟ ٱلْعِجْلَ مِنۢ بَعْدِ مَا جَآءَتْهُمُ ٱلْبَيِّنَٰتُ فَعَفَوْنَا عَن ذَٰلِكَ ۚ وَءَاتَيْنَا مُوسَىٰ سُلْطَٰنًا مُّبِينًا (١٥٣)

153. (ਹੇ ਨਬੀ!) ਤੁਹਾਥੋਂ ਇਹ ਕਿਤਾਬ ਵਾਲੇ (ਯਹੂਦੀ ਤੇ ਈਸਾਈ) ਇਹ ਮੰਗ ਕਰਦੇ ਹਨ ਕਿ ਤੁਸੀਂ ਇਹਨਾਂ ਕੋਲ ਕੋਈ ਅਕਾਸ਼ੋਂ ਕਿਤਾਬ ਲੈ ਕੇ ਆਓ, ਜਦ ਕਿ ਮੂਸਾ ਤੋਂ ਤਾਂ ਇਹਨਾਂ ਨੇ ਇਸ ਤੋਂ ਵੀ ਵੱਡੀ ਮੰਗ ਕੀਤੀ ਸੀ ਕਿ ਸਾਨੂੰ ਐਲਾਨੀਆ (ਖੁੱਲਮ-ਖੁੱਲ੍ਹਾ) ਅੱਲਾਹ ਨੂੰ ਵਿਖਾ ਦਿਓ। ਬਸ ਉਹਨਾਂ ਦੀਆਂ ਜ਼ਾਲਮਾਨਾਂ ਕਰਤੂਤਾਂ ਕਾਰਨ ਉਹਨਾਂ ਉੱਤੇ ਅਚਨਚੇਤ ਬਿਜਲੀ ਆ ਡਿੱਗੀ, ਜਦ ਕਿ ਉਹਨਾਂ ਕੋਲ ਸਪਸ਼ਟ ਦਲੀਲਾਂ (ਮੂਸਾ ਦੇ ਰਸੂਲ ਹੋਣ ਦੀਆਂ) ਆ ਚੁੱਕੀਆਂ ਸਨ ਫੇਰ ਵੀ ਉਹਨਾਂ ਨੇ ਵੱਛੇ ਨੂੰ ਆਪਣਾ ਪੂਜਣਹਾਰ ਬਣਾ ਲਿਆ, ਪ੍ਰੰਤੂ ਅਸੀਂ ਇਹ ਵੀ ਮੁਆਫ਼ ਕਰ ਦਿੱਤਾ ਅਤੇ ਮੂਸਾ ਨੂੰ ਸਪਸ਼ਟ ਰੂਪ ਵਿਚ ਉਹਨਾਂ ਉੱਤੇ ਭਾਰੂ ਕਰ ਦਿੱਤਾ।

وَرَفَعْنَا فَوْقَهُمُ ٱلطُّورَ بِمِيثَٰقِهِمْ وَقُلْنَا لَهُمُ ٱدْخُلُوا۟ ٱلْبَابَ سُجَّدًا وَقُلْنَا لَهُمْ لَا تَعْدُوا۟ فِى ٱلسَّبْتِ وَأَخَذْنَا مِنْهُم مِّيثَٰقًا غَلِيظًا (١٥٤)

154 ਅਤੇ (ਹੁਕਮਾਂ ਦੀ ਪਾਲਣਾ ਕਰਨ ਦਾ) ਇਕਰਾਰ ਲੈਣ ਲਈ ਅਸੀਂ ਉਹਨਾਂ (ਦੇ ਸਿਰਾਂ) ਉੱਤੇ ਤੂਰ ਪਹਾੜ ਝੁਕਾ ਦਿੱਤਾ ਅਤੇ ਉਹਨਾਂ ਨੂੰ ਹੁਕਮ ਦਿੱਤਾ ਕਿ ਸ਼ਹਿਰ ਦੇ ਬੂਹੇ ਵਿਚ ਦੀ ਝੁਕਦੇ ਹੋਏ ਪਰਵੇਸ਼ ਕਰੋ। ਅਤੇ ਅਸੀਂ ਉਹਨਾਂ ਨੂੰ ਇਹ ਵੀ ਕਿਹਾ ਕਿ ਹਫ਼ਤੇ ਵਾਲੇ ਦਿਨ (ਭਾਵ ਸ਼ਨਿੱਚਰਵਾਰ) ਕੋਈ ਵਧੀਕੀ ਨਾ ਕਰਨਾ ਅਤੇ ਇਸ ਗੱਲ ਲਈ ਉਹਨਾਂ ਤੋਂ ਪੱਕਾ ਬਚਨ ਲਿਆ ਸੀ।

فَبِمَا نَقْضِهِم مِّيثَٰقَهُمْ وَكُفْرِهِم بِـَٔايَٰتِ ٱللَّهِ وَقَتْلِهِمُ ٱلْأَنۢبِيَآءَ بِغَيْرِ حَقٍّ وَقَوْلِهِمْ قُلُوبُنَا غُلْفٌۢ ۚ بَلْ طَبَعَ ٱللَّهُ عَلَيْهَا بِكُفْرِهِمْ فَلَا يُؤْمِنُونَ إِلَّا قَلِيلًا (١٥٥)

155. ਫੇਰ ਅਸੀਂ ਉਹਨਾਂ 'ਤੇ ਇਸ ਲਈ ਲਾਅਨਤਾਂ ਭੇਜੀਆਂ ਕਿਉਂ ਜੋ ਉਹਨਾਂ ਨੇ ਆਪਣੇ ਬਚਨਾਂ ਨੂੰ ਤੋੜਿਆ, ਅੱਲਾਹ ਦੇ ਹੁਕਮਾਂ ਦੀ ਉਲੰਘਣਾ ਕੀਤੀ ਅਤੇ ਅੱਲਾਹ ਦੇ ਨਬੀਆਂ ਨੂੰ ਨਾ ਹੱਕਾ ਕਤਲ ਕਰਦੇ ਰਹੇ ਅਤੇ ਉਹਨਾਂ ਨੇ ਇਹ

---

[1] ਹਜ਼ਰਤ ਅਬੂ ਹੁਰੈਰਾ ਦੱਸਦੇ ਹਨ ਕਿ ਨਬੀ ਕਰੀਮ ਸ: ਦਾ ਫ਼ਰਮਾਨ ਹੈ, ਬਨੀ ਇਸਰਾਈਲ ਨੂੰ ਹੁਕਮ ਦਿੱਤਾ ਗਿਆ ਸੀ ਕਿ ਸ਼ਹਿਰ ਦੇ ਬੂਹਿਆਂ ਵਿਚ ਸਿਜਦਾ ਕਰਦੇ ਹੋਏ ਅਤੇ ਹਿੱਤਾਤੁਨ (ਸਾਡੀ ਤੌਬਾ ਕਬੂਲ ਕਰ) ਕਹਿੰਦੇ ਹੋਏ ਦਾਖ਼ਿਲ ਹੋਣ, ਪਰ ਉਹਨਾਂ ਨੇ ਹੁਕਮ ਬਦਲ ਦਿੱਤਾ, ਸਿਜਦੇ ਦੀ ਥਾਂ ਘਿਸੜਦੇ ਹੋਏ ਅਤੇ ਹੁੱਬਾਤੁਨ ਫ਼ੀ ਸ਼ਾਅਰਾਹ (ਸੋਟੇ ਵਿਚ ਦਾਣਾ) ਕਹਿੰਦੇ ਹੋਏ ਸ਼ਹਿਰ ਵਿਚ ਦਾਖ਼ਲ ਹੋਏ। (ਸਹੀ ਬੁਖ਼ਾਰੀ, ਹਦੀਸ: 3403)

ਵੀ ਆਖਿਆ "ਸਾਡੇ ਦਿਲਾਂ ਉੱਤੇ ਤਾਂ ਗ਼ਿਲਾਫ਼ ਚੜ੍ਹੇ ਹੋਏ ਹਨ" (ਭਾਵ ਸਾਡੇ ਦਿਲ ਮਹਿਫ਼ੂਜ਼ ਹਨ)। ਜਦੋਂ ਕਿ ਉਹਨਾਂ ਦੇ ਇਨਕਾਰ ਕਾਰਨ ਅੱਲਾਹ ਨੇ ਉਹਨਾਂ ਦੇ ਦਿਲਾਂ ਉੱਤੇ ਮੋਹਰ ਲਾ ਛੱਡੀ ਹੈ, ਸੋ ਉਹਨਾਂ ਵਿੱਚੋਂ ਬਹੁਤ ਹੀ ਥੋੜ੍ਹੇ ਲੋਕ ਈਮਾਨ ਲਿਆਉਣਗੇ।

وَّبِكُفْرِهِمْ وَقَوْلِهِمْ عَلٰى مَرْيَمَ بُهْتَانًا عَظِيْمًا ﴿156﴾

156. ਇਹ ਸਭ ਲਾਅਨਤਾਂ ਉਹਨਾਂ ਉੱਤੇ (ਈਸਾ ਨੂੰ) ਰਸੂਲ ਮੰਨਣ ਤੋਂ ਇਨਕਾਰ ਅਤੇ ਹਜ਼ਰਤ ਮਰੀਅਮ ਉੱਤੇ ਤੁਹਮਤਾਂ (ਝੂਠੇ ਇਲਜ਼ਾਮ) ਲਾਉਣ ਕਾਰਨ ਸੀ।

وَّقَوْلِهِمْ اِنَّا قَتَلْنَا الْمَسِيْحَ عِيْسَى ابْنَ مَرْيَمَ رَسُوْلَ اللّٰهِ ۚ وَمَا قَتَلُوْهُ وَمَا صَلَبُوْهُ وَلٰكِنْ شُبِّهَ لَهُمْ ۗ وَاِنَّ الَّذِيْنَ اخْتَلَفُوْا فِيْهِ لَفِيْ شَكٍّ مِّنْهُ ۗ مَا لَهُمْ بِهٖ مِنْ عِلْمٍ اِلَّا اتِّبَاعَ الظَّنِّ ۚ وَمَا قَتَلُوْهُ يَقِيْنًا ﴿157﴾

157. ਅਤੇ ਉਹਨਾਂ ਦੇ ਇਸ ਕਥਨ ਕਾਰਨ ਵੀ ਲਾਅਨਤ ਸੀ ਕਿ ਅਸੀਂ ਅੱਲਾਹ ਦੇ ਰਸੂਲ ਮਰੀਅਮ ਦੇ ਪੁੱਤਰ ਮਸੀਹ ਈਸਾ ਨੂੰ ਕਤਲ ਕਰ ਦਿੱਤਾ ਹੈ, ਜਦ ਕਿ ਵਾਸਤਵ ਵਿਚ ਨਾ ਤਾਂ ਉਹਨਾਂ ਨੇ ਉਸ (ਈਸਾ) ਨੂੰ ਕਤਲ ਕੀਤਾ ਅਤੇ ਨਾ ਹੀ ਉਸ ਨੂੰ ਸੂਲੀ 'ਤੇ ਚਾੜ੍ਹਿਆ ਸਗੋਂ ਸਾਰਾ ਮਾਮਲਾ ਉਹਨਾਂ ਲਈ ਸ਼ੱਕੀ ਬਣਾ ਦਿੱਤਾ ਗਿਆ। ਸੱਚ ਜਾਣੋ ਕਿ ਉਹਨਾਂ ਨੂੰ ਇਸ ਗੱਲ ਦਾ ਕੋਈ ਗਿਆਨ ਨਹੀਂ, ਇਹ ਤਾਂ ਸਾਰੇ ਅਟਕਲਾਂ ਉੱਤੇ ਹੀ ਚਲ ਰਹੇ ਹਨ। ਇਹ ਗੱਲ ਯਕੀਨੀ ਹੈ ਕਿ ਉਹਨਾਂ ਨੇ ਉਸ (ਈਸਾ ਨੂੰ) ਕਤਲ ਨਹੀਂ ਸੀ ਕੀਤਾ।

بَلْ رَّفَعَهُ اللّٰهُ اِلَيْهِ ۗ وَكَانَ اللّٰهُ عَزِيْزًا حَكِيْمًا ﴿158﴾

158. ਸਗੋਂ ਅੱਲਾਹ ਨੇ ਉਸ (ਈਸਾ ਅ:ਸ:) ਨੂੰ ਆਪਣੇ ਵੱਲ (ਅਕਾਸ਼ 'ਤੇ) ਚੁੱਕ ਲਿਆ। ਅੱਲਾਹ ਬੜਾ ਹੀ ਜ਼ੋਰਾਵਰ ਅਤੇ ਪੂਰੀ ਦਾਨਾਈ ਵਾਲਾ ਹੈ।

وَاِنْ مِّنْ اَهْلِ الْكِتٰبِ اِلَّا لَيُؤْمِنَنَّ بِهٖ قَبْلَ مَوْتِهٖ ۚ وَيَوْمَ الْقِيٰمَةِ يَكُوْنُ عَلَيْهِمْ شَهِيْدًا ﴿159﴾

159. ਕਿਤਾਬ ਵਾਲਿਆਂ ਵਿੱਚੋਂ ਇਕ ਵੀ ਅਜਿਹਾ ਨਹੀਂ ਹੋਵੇਗਾ ਜਿਹੜਾ ਈਸਾ ਉੱਤੇ ਆਪਣੇ ਮਰਨ ਤੋਂ ਪਹਿਲਾਂ ਪਹਿਲਾਂ ਈਮਾਨ ਨਾ ਲੈ

ਆਵੇ ਅਤੇ ਕਿਆਮਤ ਵਾਲੇ ਦਿਨ ਉਹ ਉਹਨਾਂ ਉੱਤੇ ਗਵਾਹ ਹੋਵੇਗਾ।

فَبِظُلْمٍ مِّنَ الَّذِينَ هَادُوا حَرَّمْنَا عَلَيْهِمْ طَيِّبَٰتٍ أُحِلَّتْ لَهُمْ وَبِصَدِّهِمْ عَن سَبِيلِ اللَّهِ كَثِيرًا ﴿١٦٠﴾

160. ਜਿਹੜੇ ਲੋਕ ਯਹੂਦੀ ਹਨ ਉਹਨਾਂ ਦੇ ਜ਼ੁਲਮ ਕਾਰਨ ਅਤੇ ਉਹਨਾਂ ਵੱਲੋਂ ਬਥੇਰੇ ਲੋਕਾਂ ਨੂੰ ਅੱਲਾਹ ਦੀ ਰਾਹ ਤੋਂ ਰੋਕਣ ਕਾਰਨ ਅਸੀਂ ਕੁੱਝ ਪਾਕ ਚੀਜ਼ਾਂ ਨੂੰ ਉਹਨਾਂ ਲਈ ਹਰਾਮ ਕਰ ਛੱਡਿਆ ਜਿਹੜੀਆਂ ਪਹਿਲਾਂ ਉਹਨਾਂ ਲਈ ਹਲਾਲ ਸਨ।

وَأَخْذِهِمُ الرِّبَوٰا وَقَدْ نُهُوا عَنْهُ وَأَكْلِهِمْ أَمْوَٰلَ النَّاسِ بِالْبَٰطِلِ ۚ وَأَعْتَدْنَا لِلْكَٰفِرِينَ مِنْهُمْ عَذَابًا أَلِيمًا ﴿١٦١﴾

161. ਅਤੇ ਇਕ ਕਾਰਨ ਇਹ ਵੀ ਸੀ ਕਿ ਉਹ ਵਿਆਜ ਲੈਂਦੇ ਸੀ ਜਿਸ ਤੋਂ ਉਹਨਾਂ ਨੂੰ ਰੋਕਿਆ ਗਿਆ ਸੀ ਅਤੇ ਲੋਕਾਂ ਦਾ ਮਾਲ ਨਾ-ਹੱਕਾ (ਧੱਕੇ ਨਾਲ) ਖਾਣ ਕਾਰਨ ਵੀ ਸੀ। ਉਹਨਾਂ ਵਿੱਚੋਂ ਜਿਹੜੇ ਕਾਫ਼ਿਰ ਹਨ ਉਹਨਾਂ ਲਈ ਅਸੀਂ ਦੁਖਦਾਈ ਅਜ਼ਾਬ ਤਿਆਰ ਕਰ ਛੱਡਿਆ ਹੈ।

لَّٰكِنِ الرَّٰسِخُونَ فِي الْعِلْمِ مِنْهُمْ وَالْمُؤْمِنُونَ يُؤْمِنُونَ بِمَا أُنزِلَ إِلَيْكَ وَمَا أُنزِلَ مِن قَبْلِكَ ۚ وَالْمُقِيمِينَ الصَّلَوٰةَ ۚ وَالْمُؤْتُونَ الزَّكَوٰةَ وَالْمُؤْمِنُونَ بِاللَّهِ وَالْيَوْمِ الْآخِرِ أُولَٰٓئِكَ سَنُؤْتِيهِمْ أَجْرًا عَظِيمًا ﴿١٦٢﴾

162. ਪਰ ਜਿਹੜੇ ਉਹਨਾਂ ਵਿੱਚੋਂ ਪੱਕਾ ਗਿਆਨ ਰੱਖਦੇ ਹਨ ਅਤੇ ਈਮਾਨ ਵਾਲੇ ਹਨ ਅਤੇ ਜੋ ਆਪ ਵੱਲ (ਕੁਰਆਨ) ਉਤਾਰਿਆ ਗਿਆ ਹੈ ਉਸ 'ਤੇ ਈਮਾਨ ਰੱਖਦੇ ਹਨ ਅਤੇ ਉਸ ਉੱਤੇ ਵੀ ਜੋ ਤੁਹਾਥੋਂ ਪਹਿਲਾਂ ਨਾਜ਼ਿਲ ਕੀਤਾ ਗਿਆ ਹੈ, ਨਮਾਜ਼ਾਂ ਨੂੰ ਕਾਇਮ ਕਰਦੇ ਹਨ, ਜ਼ਕਾਤ ਦਿੰਦੇ ਹਨ, ਅੱਲਾਹ ਉੱਤੇ ਅਤੇ ਕਿਆਮਤ ਵਾਲੇ ਦਿਨ ਉੱਤੇ ਈਮਾਨ ਰੱਖਦੇ ਹਨ, ਇਹ ਉਹ ਲੋਕ ਹਨ ਜਿਨ੍ਹਾਂ ਨੂੰ ਅਸੀਂ ਛੇਤੀ ਹੀ ਬਹੁਤ ਵੱਡਾ ਬਦਲਾ ਦੇਵਾਂਗੇ।

ਇਸ ਆਇਤ ਵਿਚ ਹਜ਼ਰਤ ਈਸਾ ਦੀ ਆਮਦ ਵੱਲ ਇਸ਼ਾਰਾ ਹੈ ਜੋ ਕਿ ਕਿਆਮਤ ਦੇ ਨੇੜੇ ਅਕਾਸ਼ ਤੋਂ ਹੋਵੇਗੀ ਇਸੇ ਸੰਬੰਧ ਵਿਚ ਇਕ ਹਦੀਸ ਆਲੇ-ਇਮਰਾਨ ਸੂਰਤ ਦੀ ਆਇਤ 55 ਦੇ ਹਾਸ਼ੀਏ ਵਿਚ ਦਿੱਤੀ ਗਈ ਹੈ ਜਿਸ ਵਿਚ ਇਹ ਵੀ ਹੈ ਕਿ ਹਜ਼ਰਤ ਈਸਾ ਜਜ਼ਿਆ ਲੈਣਾ ਬੰਦ ਕਰ ਦੇਣਗੇ। ਜਜ਼ਿਆ ਤੋਂ ਭਾਵ ਉਹ ਟੈਕਸ ਹੈ ਜਿਹੜਾ ਇਸਲਾਮੀ ਹਕੂਮਤਾਂ ਵਿਚ ਵਸਣ ਵਾਲੇ ਗ਼ੈਰ ਮੁਸਲਮਾਂ ਤੋਂ ਸਰਕਾਰ ਲੈਂਦੀ ਹੈ, ਜਿਹੜੇ ਇਸਲਾਮ ਦੀ ਥਾਂ ਦੂਜੇ ਧਰਮਾਂ 'ਤੇ ਕਾਇਮ ਰਹਿੰਦੇ ਹਨ। ਇਸ ਦੇ ਬਦਲੇ ਵਿਚ ਇਸਲਾਮੀ ਹਕੂਮਤ ਉਹਨਾਂ ਦੇ ਜਾਨ ਮਾਲ ਦੀ ਰਾਖੀ ਕਰਦੀ ਹੈ। ਹਜ਼ਰਤ ਈਸਾ ਜਜ਼ਿਆ ਨਹੀਂ ਲੈਣਗੇ ਸਗੋਂ ਦੀਨ ਇਸਲਾਮ ਨੂੰ ਕਬੂਲ ਕਰਨ ਦੀ ਮੰਗ ਕਰਨਗੇ ਅਤੇ ਉਹਨਾਂ ਕੋਲ ਇਸਲਾਮ ਕਬੂਲ ਕਰਨ ਤੋਂ ਇਲਾਵਾ ਕੋਈ ਰਾਹ ਨਹੀਂ ਹੋਣੀ।

163. (ਹੇ ਨਬੀ!) ਬੇਸ਼ੱਕ ਅਸੀਂ ਤੁਹਾਡੇ ਵੱਲ ਉਸੇ ਪ੍ਰਕਾਰ ਵਹੀ[1] (ਰੱਬੀ ਪੈਗ਼ਾਮ) ਭੇਜਿਆ ਹੈ ਜਿਵੇਂ ਨੂਹ ਅਤੇ ਇਸ ਤੋਂ ਬਾਅਦ ਵਾਲੇ ਨਬੀਆਂ ਵੱਲ (ਵਹੀ) ਭੇਜੀ ਸੀ ਅਤੇ ਇਹੋ ਵਹੀ ਇਬਰਾਹੀਮ, ਇਸਮਾਈਲ, ਇਸਹਾਕ, ਯਾਕੂਬ ਅਤੇ ਉਹਨਾਂ ਦੀ ਸੰਤਾਨ ਵੱਲ ਅਤੇ ਈਸਾ, ਅੱਯੂਬ, ਯੂਨੁਸ, ਹਾਰੂਨ ਅਤੇ ਸੁਲੇਮਾਨ ਵੱਲ ਭੇਜੀ ਸੀ। ਅਸੀਂ ਦਾਊਦ ਨੂੰ ਜ਼ਬੂਰ (ਅਕਾਸ਼ੀ ਕਿਤਾਬ) ਬਖ਼ਸ਼ੀ ਸੀ।

إِنَّا أَوْحَيْنَا إِلَيْكَ كَمَا أَوْحَيْنَا إِلَىٰ نُوحٍ
وَالنَّبِيِّينَ مِن بَعْدِهِ ۚ وَأَوْحَيْنَا إِلَىٰ إِبْرَاهِيمَ
وَإِسْمَاعِيلَ وَإِسْحَاقَ وَيَعْقُوبَ وَالْأَسْبَاطِ
وَعِيسَىٰ وَأَيُّوبَ وَيُونُسَ وَهَارُونَ وَسُلَيْمَانَ ۚ
وَآتَيْنَا دَاوُودَ زَبُورًا ﴿١٦٣﴾

164. ਤੁਹਾਥੋਂ ਪਹਿਲਾਂ ਅਸੀਂ ਕਿੰਨੇ ਹੀ ਰਸੂਲ ਭੇਜੇ ਜਿਨ੍ਹਾਂ ਦੀ ਗੱਲ ਅਸੀਂ ਤੁਹਾਨੂੰ ਪਹਿਲਾਂ ਹੀ ਸੁਣਾ ਚੁੱਕੇ ਹਾਂ, ਅਤੇ ਕਈ ਰਸੂਲਾਂ ਦੀਆਂ ਗੱਲਾਂ ਤੁਹਾਨੂੰ ਸੁਣਾਈਆਂ ਵੀ ਨਹੀਂ। ਅਸੀਂ ਮੂਸਾ ਨਾਲ ਵਿਸ਼ੇਸ਼ ਕਰ ਕੇ ਕਲਾਮ ਕੀਤਾ।

وَرُسُلًا قَدْ قَصَصْنَاهُمْ عَلَيْكَ مِن قَبْلُ وَرُسُلًا
لَّمْ نَقْصُصْهُمْ عَلَيْكَ ۚ وَكَلَّمَ اللَّهُ مُوسَىٰ تَكْلِيمًا ﴿١٦٤﴾

165. ਅਸੀਂ ਲੋਕਾਂ ਨੂੰ ਖ਼ੁਸ਼ਖ਼ਬਰੀਆਂ ਸੁਣਾਉਣ ਵਾਲੇ ਅਤੇ ਰੱਬ ਦੇ ਅਜ਼ਾਬ ਤੋਂ ਡਰਾਉਣ ਵਾਲੇ ਰਸੂਲ ਭੇਜੇ ਤਾਂ ਜੋ ਲੋਕਾਂ ਕੋਲ ਰਸੂਲਾਂ ਤੋਂ ਬਾਅਦ ਅੱਲਾਹ ਦੇ ਸਿਰ ਕੋਈ ਆਰੋਪ ਲਾਉਣ ਦਾ ਬਹਾਨਾ ਨਾ ਰਹੇ (ਕਿ ਸਾਡੇ ਕੋਲ ਤਾਂ ਡਰਾਉਣ ਵਾਲਾ ਕੋਈ ਆਇਆ ਹੀ ਨਹੀਂ) ਅੱਲਾਹ ਵੱਡਾ ਜ਼ੋਰਾਵਰ ਅਤੇ ਹਿਕਮਤ ਵਾਲਾ ਹੈ।

رُّسُلًا مُّبَشِّرِينَ وَمُنذِرِينَ لِئَلَّا يَكُونَ لِلنَّاسِ
عَلَى اللَّهِ حُجَّةٌ بَعْدَ الرُّسُلِ ۚ وَكَانَ اللَّهُ
عَزِيزًا حَكِيمًا ﴿١٦٥﴾

166. ਜੋ ਅੱਲਾਹ ਵੱਲੋਂ ਤੁਹਾਡੇ ਲਈ (ਕੁਰਆਨ) ਉਤਾਰਿਆ ਹੈ ਉਸ ਦੀ ਗਵਾਹੀ ਤਾਂ ਅੱਲਾਹ ਆਪ ਹੀ ਦੇ ਰਿਹਾ ਹੈ ਕਿ ਇਸ ਕੁਰਆਨ ਨੂੰ ਉਸ ਨੇ ਆਪਣੇ ਗਿਆਨ ਨਾਲ ਉਤਾਰਿਆ ਹੈ ਅਤੇ

لَّٰكِنِ اللَّهُ يَشْهَدُ بِمَا أَنزَلَ إِلَيْكَ ۖ أَنزَلَهُ
بِعِلْمِهِ ۖ وَالْمَلَائِكَةُ يَشْهَدُونَ ۚ وَكَفَىٰ
بِاللَّهِ شَهِيدًا ﴿١٦٦﴾

[1] ਅੱਲਾਹ ਦੇ ਰਸੂਲ ਸ. ਨੂੰ ਪੁੱਛਿਆ ਗਿਆ ਕਿ ਤੁਹਾਡੇ ਉੱਤੇ ਵਹੀ ਕਿਵੇਂ ਨਾਜ਼ਿਲ ਹੁੰਦੀ ਹੈ, ਤਾਂ ਆਪ ਸ. ਨੇ ਫ਼ਰਮਾਇਆ "ਵਹੀ ਕਦੇ ਤਾਂ ਮੇਰੇ 'ਤੇ ਘੰਟੀ ਦੀ ਆਵਾਜ਼ ਵਾਂਗ ਨਾਜ਼ਿਲ ਹੁੰਦੀ ਹੈ। ਵਹੀ ਨਾਜ਼ਿਲ ਹੋਣ ਸਮੇਂ ਮੇਰੇ ਦਿਲ 'ਤੇ ਬਹੁਤ ਬੋਝ ਹੁੰਦਾ ਹੈ ਅਤੇ ਜੋ ਕੁੱਝ ਵਹੀ ਵਿਚ ਕਿਹਾ ਜਾਂਦਾ ਹੈ ਤਾਂ ਮੈਂ ਉਸ ਨੂੰ ਯਾਦ ਕਰ ਲੈਂਦਾ ਹਾਂ।" ਹਜ਼ਰਤ ਆਇਸ਼ਾ ਫ਼ਰਮਾਉਂਦੀਆਂ ਹਨ ਕਿ ਮੈਂਨੇ ਸਖ਼ਤ ਸਰਦੀਆਂ ਵਿਚ ਨਬੀ ਸ. 'ਤੇ ਵਹੀ ਨਾਜ਼ਿਲ ਹੁੰਦੇ ਹੋਏ ਵੇਖੀ ਹੈ, ਜਦੋਂ ਵਹੀ ਦਾ ਸਿਲਸਿਲਾ ਖ਼ਤਮ ਹੋ ਜਾਂਦਾ ਤਾਂ ਆਪ ਸ. ਦੇ ਮੱਥੇ 'ਤੇ ਪਸੀਨਾ ਆ ਜਾਂਦਾ। (ਸਹੀ ਬੁਖ਼ਾਰੀ, ਹਦੀਸ: 2)

ਇਸ ਦੀ ਗਵਾਹੀ ਫ਼ਰਿਸ਼ਤੇ ਵੀ ਦਿੰਦੇ ਹਨ, ਜਦ ਕਿ ਗਵਾਹੀ ਤਾਂ ਅੱਲਾਹ ਦੀ ਹੀ ਬਥੇਰੀ ਹੈ।

167. ਜਿਨ੍ਹਾਂ ਲੋਕਾਂ ਨੇ (ਕੁਰਆਨ ਅਤੇ ਰਸੂਲਾਂ ਤੋਂ) ਇਨਕਾਰ ਕੀਤਾ ਅਤੇ ਲੋਕਾਂ ਨੂੰ ਅੱਲਾਹ ਦੀ ਰਾਹ ਚੱਲਣ ਤੋਂ ਰੋਕਿਆ, ਬੇਸ਼ੱਕ ਉਹ ਗੁਮਰਾਹੀ ਵਿਚ ਬਹੁਤ ਦੂਰ ਨਿਕਲ ਗਏ ਹਨ।

إِنَّ الَّذِينَ كَفَرُوا وَصَدُّوا عَن سَبِيلِ اللَّهِ
قَدْ ضَلُّوا ضَلَالًا بَعِيدًا ﴿١٦٧﴾

168. ਜਿਨ੍ਹਾਂ ਲੋਕਾਂ ਨੇ ਅੱਲਾਹ ਅਤੇ ਰਸੂਲ ਦਾ ਇਨਕਾਰ ਕੀਤਾ ਅਤੇ ਉਹਨਾਂ ਨਾਲ ਵਧੀਕੀਆਂ ਵੀ ਕੀਤੀਆਂ ਫੇਰ ਅੱਲਾਹ ਨੂੰ ਇਹ ਜ਼ੇਬਾ ਨਹੀਂ ਦਿੰਦਾ ਕਿ ਉਹ ਇਹਨਾਂ ਨੂੰ ਬਖ਼ਸ਼ ਦੇਵੇ ਅਤੇ ਨਾ ਹੀ ਇਹ ਜ਼ੇਬਾ ਦਿੰਦਾ ਹੈ ਕਿ ਉਹਨਾਂ ਨੂੰ ਸਿੱਧੀ ਰਾਹ ਵਿਖਾਵੇ।

إِنَّ الَّذِينَ كَفَرُوا وَظَلَمُوا لَمْ يَكُنِ اللَّهُ
لِيَغْفِرَ لَهُمْ وَلَا لِيَهْدِيَهُمْ طَرِيقًا ﴿١٦٨﴾

169. ਛੁੱਟ ਨਰਕ ਵਿਚ ਜਾਣ ਤੋਂ ਉਹਨਾਂ ਲਈ ਕੋਈ ਹੋਰ ਰਾਹ ਨਹੀਂ ਜਿਸ ਵਿਚ ਉਹ ਸਦਾ ਲਈ ਰਹਿਣਗੇ ਅਤੇ ਇਹ ਕੰਮ ਅੱਲਾਹ ਲਈ ਬਹੁਤ ਹੀ ਆਸਾਨ ਹੈ।

إِلَّا طَرِيقَ جَهَنَّمَ خَالِدِينَ فِيهَا أَبَدًا ۚ
وَكَانَ ذَٰلِكَ عَلَى اللَّهِ يَسِيرًا ﴿١٦٩﴾

170. ਹੇ ਲੋਕੋ! ਤੁਹਾਡੇ ਕੋਲ ਤੁਹਾਡੇ ਰੱਬ ਵੱਲੋਂ ਹੱਕ (ਕੁਰਆਨ) ਲੈ ਕੇ ਰਸੂਲ ਆ ਗਿਆ ਹੈ, ਸੋ ਤੁਸੀਂ ਉਸ 'ਤੇ ਈਮਾਨ ਲੈ ਆਓ, ਇਸੇ ਵਿਚ ਤੁਹਾਡੇ ਲਈ ਭਲਾਈ ਹੈ। ਜੇ ਤੁਸੀਂ ਈਮਾਨ ਨਹੀਂ ਲਿਆਉਗੇ ਤਾਂ ਜੋ ਵੀ ਅਕਾਸ਼ਾਂ ਅਤੇ ਧਰਤੀ ਵਿਚ ਹੈ ਉਹਨਾਂ ਸਭ ਦਾ ਮਾਲਿਕ ਅੱਲਾਹ ਹੈ ਅਤੇ ਅੱਲਾਹ ਹੀ ਜਾਣਨਹਾਰ ਅਤੇ ਸੂਝ-ਬੂਝ ਵਾਲਾ ਹੈ।

يَا أَيُّهَا النَّاسُ قَدْ جَاءَكُمُ الرَّسُولُ بِالْحَقِّ مِن
رَّبِّكُمْ فَآمِنُوا خَيْرًا لَّكُمْ ۚ وَإِن تَكْفُرُوا فَإِنَّ
لِلَّهِ مَا فِي السَّمَاوَاتِ وَالْأَرْضِ ۚ وَكَانَ اللَّهُ
عَلِيمًا حَكِيمًا ﴿١٧٠﴾

171. ਹੇ ਕਿਤਾਬ ਵਾਲਿਓ (ਯਹੂਦੀ ਤੇ ਈਸਾਈਓ)! ਆਪਣੇ ਧਰਮ ਦੀਆਂ ਹੱਦਾਂ ਤੋਂ ਨਾ ਲੰਘੋ (ਭਾਵ ਜੋ ਅੱਲਾਹ ਨੇ ਆਦੇਸ਼ ਦਿੱਤੇ ਹਨ, ਉਹਨਾਂ ਨੂੰ ਹੀ ਮੰਨੋ) ਅਤੇ ਅੱਲਾਹ ਦੇ ਸੰਬੰਧ ਵਿਚ ਸੱਚਾਈ ਤੋਂ

يَا أَهْلَ الْكِتَابِ لَا تَغْلُوا فِي دِينِكُمْ وَلَا تَقُولُوا
عَلَى اللَّهِ إِلَّا الْحَقَّ ۚ إِنَّمَا الْمَسِيحُ عِيسَى ابْنُ

مَرْيَمَ رَسُولُ اللَّهِ وَكَلِمَتُهُ أَلْقَاهَا إِلَىٰ مَرْيَمَ وَرُوحٌ مِّنْهُ ۖ فَآمِنُوا بِاللَّهِ وَرُسُلِهِ ۖ وَلَا تَقُولُوا ثَلَاثَةٌ ۚ انتَهُوا خَيْرًا لَّكُمْ ۚ إِنَّمَا اللَّهُ إِلَٰهٌ وَاحِدٌ ۖ سُبْحَانَهُ أَن يَكُونَ لَهُ وَلَدٌ ۘ لَّهُ مَا فِي السَّمَاوَاتِ وَمَا فِي الْأَرْضِ ۗ وَكَفَىٰ بِاللَّهِ وَكِيلًا ﴿١٧١﴾

ਛੁੱਟ ਹੋਰ ਕੁੱਝ ਵੀ ਨਾ ਕਹੋ। ਬੇਸ਼ੱਕ ਮਰੀਅਮ ਦਾ ਪੁੱਤਰ ਈਸਾ ਤਾਂ ਕੇਵਲ ਅੱਲਾਹ ਦਾ ਰਸੂਲ ਹੈ ਅਤੇ (ਉਸ ਦਾ ਜਨਮ) ਉਸ (ਅੱਲਾਹ ਦੇ) ਇਕ ਬੋਲ (ਹੁਕਮ ਦੁਆਰਾ ਹੋਇਆ) ਹੈ ਜਿਸ ਨੂੰ ਉਸ ਨੇ ਮਰੀਅਮ ਵੱਲ ਘੱਲਿਆ, ਉਹ ਉਸ ਵੱਲੋਂ ਇਕ ਰੂਹ ਹੈ। ਸੋ ਤੁਸੀਂ ਅੱਲਾਹ ਅਤੇ ਉਸ ਦੇ ਰਸੂਲਾਂ ਉੱਤੇ ਈਮਾਨ ਲਿਆਓ ਅਤੇ ਇਹ ਨਾ ਕਹੋ ਕਿ ਇਸ਼ਟ ਤਿੰਨ ਹਨ, ਇਹ ਗੱਲ ਕਹਿਣ ਤੋਂ ਬਾਜ਼ ਆ ਜਾਓ ਇਸੇ ਵਿਚ ਹੀ ਤੁਹਾਡੀ ਭਲਾਈ ਹੈ। ਪੂਜਣਯੋਗ ਤਾਂ ਕੇਵਲ ਅੱਲਾਹ ਹੀ ਹੈ ਅਤੇ ਇਸ ਗੱਲ ਤੋਂ ਪਾਕ ਹੈ ਕਿ ਉਸ ਦੇ ਕੋਈ ਔਲਾਦ ਵੀ ਹੋਵੇ।[1] ਸਭ ਕੁੱਝ ਉਸੇ ਲਈ ਹੈ ਜਿਹੜਾ ਆਸਮਾਨਾਂ ਅਤੇ ਧਰਤੀ ਵਿਚ ਹੈ ਅਤੇ ਸਾਰੇ ਕੰਮਾਂ ਨੂੰ ਸਿਰੇ ਚਾੜ੍ਹਨ ਲਈ ਅੱਲਾਹ ਹੀ ਬਥੇਰਾ ਹੈ।

لَّن يَسْتَنكِفَ الْمَسِيحُ أَن يَكُونَ عَبْدًا لِّلَّهِ وَلَا الْمَلَائِكَةُ الْمُقَرَّبُونَ ۚ وَمَن يَسْتَنكِفْ عَنْ عِبَادَتِهِ وَيَسْتَكْبِرْ فَسَيَحْشُرُهُمْ إِلَيْهِ جَمِيعًا ﴿١٧٢﴾

172. ਅੱਲਾਹ ਦਾ ਬੰਦਾ ਹੋਣ ਵਿਚ ਨਾ ਤਾਂ ਮਸੀਹ (ਈਸਾ) ਦੀ ਕੋਈ ਹੇਠੀ ਹੈ ਅਤੇ ਨਾ ਹੀ ਅੱਲਾਹ ਦੇ ਨੇੜਲੇ ਫ਼ਰਿਸ਼ਤਿਆਂ ਦੀ ਹੀ ਕੋਈ ਹੇਠੀ ਹੈ, ਪਰ ਜਿਹੜਾ ਕੋਈ ਅੱਲਾਹ ਦੀ ਬੰਦਗੀ ਕਰਨ ਵਿਚ ਆਪਣੀ ਹੇਠੀ ਸਮਝਦਾ ਹੈ ਅਤੇ ਘਮੰਡ ਵੀ ਕਰਦਾ ਹੈ ਤਾਂ ਅੱਲਾਹ ਛੇਤੀ ਹੀ ਉਹਨਾਂ ਸਭ ਨੂੰ ਆਪਣੇ ਕੋਲ ਇਕੱਠਾ ਕਰੇਗਾ।

[1] ਨਬੀ ਕਰੀਮ ਸ: ਨੇ ਫ਼ਰਮਾਇਆ ਜਿਸ ਕਿਸੇ ਨੇ ਵੀ ਇਸ ਦੀ ਗਵਾਹੀ ਦਿੱਤੀ ਕਿ ਅੱਲਾਹ ਤੋਂ ਛੁੱਟ ਕੋਈ ਇਸ਼ਟ ਨਹੀਂ, ਉਹ ਇਕ ਹੀ ਹੈ ਉਸ ਦਾ ਕੋਈ ਸਾਂਝੀ ਨਹੀਂ ਅਤੇ ਬੇਸ਼ੱਕ ਹਜ਼ਰਤ ਮੁਹੰਮਦ ਸ: ਅੱਲਾਹ ਦੇ ਬੰਦੇ ਅਤੇ ਉਸ ਦੇ ਰਸੂਲ ਹਨ, ਅਤੇ ਇਸ ਗੱਲ ਦੀ ਗਵਾਹੀ ਵੀ ਦਿੱਤੀ ਕਿ ਬੇਸ਼ੱਕ ਹਜ਼ਰਤ ਈਸਾ ਵੀ ਅੱਲਾਹ ਦੇ ਬੰਦੇ ਅਤੇ ਉਸ ਦੇ ਰਸੂਲ ਅਤੇ ਉਸ ਦਾ ਕਲਮਾ ਹਨ ਜਿਹੜਾ ਕਿ ਉਸ ਨੇ ਹਜ਼ਰਤ ਮਰੀਅਮ ਵੱਲ ਘੱਲਿਆ ਸੀ ਅਤੇ ਉਸੇ ਵੱਲੋਂ ਪੈਦਾ ਕੀਤੀ ਹੋਈ ਇਕ ਰੂਹ ਹਨ ਅਤੇ ਜੰਨਤ ਤੇ ਨਰਕ ਦਾ ਹੋਣਾ ਹੱਕ ਹੈ ਤਾਂ ਅੱਲਾਹ ਤਆਲਾ ਉਸ ਨੂੰ ਜੰਨਤ ਵਿਚ ਦਾਖ਼ਲ ਕਰ ਦੇਵੇਗਾ ਭਾਵੇਂ ਉਸ ਦੇ ਅਮਲ ਕਿਹੋ ਜਿਹੇ ਵੀ ਹੋਣ (ਚਾਹੇ ਸਭ ਤੋਂ ਬਾਅਦ ਜੰਨਤ ਵਿਚ ਜਾਵੇ ਜਾਂ ਪਹਿਲਾਂ, ਭਾਵ ਕਿ ਇਕ ਮੋਮਿਨ ਨੇ ਜੰਨਤ ਵਿਚ ਜਾਣਾ ਹੀ ਹੈ)। (ਸਹੀ ਬੁਖ਼ਾਰੀ, ਹਦੀਸ: 3435)

173. ਇਸ ਲਈ ਜੋ ਵੀ ਲੋਕ ਈਮਾਨ ਲਿਆਏ ਅਤੇ ਚੰਗੇ ਕੰਮ ਕਰਨਗੇ ਉਹਨਾਂ ਨੂੰ ਇਸ ਦਾ ਪੂਰਾ-ਪੂਰਾ ਬਦਲਾ ਦਿੱਤਾ ਜਾਵੇਗਾ ਅਤੇ ਆਪਣੀਆਂ ਮਿਹਰਾਂ ਸਦਕੇ ਇਸ ਵਿਚ ਹੋਰ ਵੀ ਵਾਧਾ ਕਰੇਗਾ ਅਤੇ ਜਿਨ੍ਹਾਂ ਲੋਕਾਂ ਨੇ ਬੰਦਗੀ ਕਰਨ ਨੂੰ ਆਪਣੀ ਹੇਠੀ ਸਮਝੀ ਅਤੇ ਘਮੰਡ ਕੀਤਾ ਉਹਨਾਂ ਨੂੰ ਦਰਦਨਾਕ ਅਜ਼ਾਬ ਦਿੱਤਾ ਜਾਵੇਗਾ ਅਤੇ ਉਹਨਾਂ ਲਈ ਅੱਲਾਹ ਤੋਂ ਛੁੱਟ ਹੋਰ ਕੋਈ ਵੀ ਹਿਮਾਇਤੀ ਅਤੇ ਸਹਾਈ ਨਾ ਹੋਵੇਗਾ।

فَأَمَّا الَّذِينَ آمَنُوا وَعَمِلُوا الصَّالِحَاتِ
فَيُوَفِّيهِمْ أُجُورَهُمْ وَيَزِيدُهُم مِّن فَضْلِهِ ۖ
وَأَمَّا الَّذِينَ اسْتَنكَفُوا وَاسْتَكْبَرُوا فَيُعَذِّبُهُمْ
عَذَابًا أَلِيمًا وَلَا يَجِدُونَ لَهُم مِّن دُونِ
اللَّهِ وَلِيًّا وَلَا نَصِيرًا ﴿١٧٣﴾

174. ਹੇ ਲੋਕੋ! ਤੁਹਾਡੇ ਕੋਲ ਤੁਹਾਡੇ ਰੱਬ ਵੱਲੋਂ ਇਕ ਸਪਸ਼ਟ ਦਲੀਲ (ਕੁਰਆਨ ਦੇ ਰੂਪ ਵਿਚ) ਆ ਗਈ ਹੈ ਅਤੇ ਅਸੀਂ ਤੁਹਾਡੇ ਵੱਲ ਇਕ ਸਪਸ਼ਟ ਚਾਨਣ ਮੁਨਾਰਾ (ਰਾਹ ਦਰਸਾਉਣ ਲਈ) ਨਾਜ਼ਿਲ ਕੀਤਾ ਹੈ।

يَا أَيُّهَا النَّاسُ قَدْ جَاءَكُم بُرْهَانٌ مِّن
رَّبِّكُمْ وَأَنزَلْنَا إِلَيْكُمْ نُورًا مُّبِينًا ﴿١٧٤﴾

175. ਸੋ ਜਿਹੜੇ ਲੋਕ ਅੱਲਾਹ ਉੱਤੇ ਈਮਾਨ ਲੈ ਆਏ ਅਤੇ ਇਸ (ਕੁਰਆਨ ਦੀਆਂ ਹਿਦਾਇਤਾਂ) ਨੂੰ ਮਜ਼ਬੂਤੀ ਨਾਲ ਫੜ ਲਿਆ ਉਹਨਾਂ ਨੂੰ ਉਹ ਛੇਤੀ ਹੀ ਆਪਣੀ ਰਹਿਮਤਾਂ ਅਤੇ ਮਿਹਰਾਂ ਨਾਲ ਨਵਾਜ਼ੇਗਾ ਅਤੇ ਉਹਨਾਂ ਨੂੰ ਆਪਣੇ ਵੱਲ ਆਉਣ ਵਾਲਾ ਸਿੱਧਾ ਰਸਤਾ ਵੀ ਵਿਖਾਵੇਗਾ।

فَأَمَّا الَّذِينَ آمَنُوا بِاللَّهِ وَاعْتَصَمُوا بِهِ فَسَيُدْخِلُهُمْ
فِي رَحْمَةٍ مِّنْهُ وَفَضْلٍ وَيَهْدِيهِمْ إِلَيْهِ
صِرَاطًا مُّسْتَقِيمًا ﴿١٧٥﴾

176. (ਹੇ ਨਬੀ!) ਲੋਕੀ ਤੁਹਾਥੋਂ (ਕਲਾਲਾ ਦੇ ਸੰਬੰਧ ਵਿਚ) ਫ਼ਤਵਾ ਪੁੱਛਦੇ ਹਨ। ਤੁਸੀਂ ਆਖ ਦਿਓ ਕਿ ਅੱਲਾਹ ਤੁਹਾਨੂੰ ਕਲਾਲਾ ਬਾਰੇ ਦੱਸਦਾ ਹੈ ਕਿ ਜੇ ਕੋਈ ਵਿਅਕਤੀ ਮਰ ਜਾਵੇ ਅਤੇ ਉਸ ਦੀ ਔਲਾਦ (ਭਾਵ ਪ੍ਰਤੱਖ ਵਾਰਿਸ) ਨਾ ਹੋਵੇ ਤੇ ਉਸ ਦੀ ਇਕ ਹੀ ਭੈਣ ਹੋਵੇ ਤਾਂ ਉਸ ਭੈਣ ਨੂੰ ਉਸ ਦੇ ਭਰਾ ਦੇ ਛੱਡੇ ਹੋਏ ਮਾਲ ਦਾ ਅੱਧਾ ਹਿੱਸਾ ਮਿਲੇਗਾ ਅਤੇ ਜੇ ਭੈਣ ਬੇ-ਔਲਾਦ ਮਰੇ ਤਾਂ ਉਸਦਾ ਭਰਾ ਉਸ ਦਾ ਵਾਰਸ ਹੋਵੇਗਾ। ਜੇ ਭੈਣਾਂ ਦੋ ਜਾਂ ਦੋ ਤੋਂ ਵੱਧ ਹੋਣ ਤਾਂ ਉਹਨਾਂ ਨੂੰ ਉਹਨਾਂ ਦੇ ਭਰਾ ਦੇ ਛੱਡੇ ਹੋਏ ਮਾਲ ਦਾ ਦੋ ਤਿਹਾਈ ਹਿੱਸਾ ਮਿਲੇਗਾ। ਜੇ ਕਈ ਭਰਾ, ਭੈਣ, ਪੁਰਸ਼

يَسْتَفْتُونَكَ قُلِ اللَّهُ يُفْتِيكُمْ فِي الْكَلَالَةِ ۚ إِنِ
امْرُؤٌ هَلَكَ لَيْسَ لَهُ وَلَدٌ وَلَهُ أُخْتٌ فَلَهَا
نِصْفُ مَا تَرَكَ ۚ وَهُوَ يَرِثُهَا إِن لَّمْ يَكُن
لَّهَا وَلَدٌ ۚ فَإِن كَانَتَا اثْنَتَيْنِ فَلَهُمَا الثُّلُثَانِ
مِمَّا تَرَكَ ۚ وَإِن كَانُوا إِخْوَةً رِّجَالًا وَنِسَاءً
فَلِلذَّكَرِ مِثْلُ حَظِّ الْأُنثَيَيْنِ ۗ يُبَيِّنُ اللَّهُ لَكُمْ
أَن تَضِلُّوا ۗ وَاللَّهُ بِكُلِّ شَيْءٍ عَلِيمٌ ﴿١٧٦﴾

ਤੇ ਔਰਤਾਂ ਵਾਰਸ ਹੋਣ ਤਾਂ ਮਰਦ ਦਾ ਹਿੱਸਾ ਦੋ ਔਰਤਾਂ ਦੇ ਬਰਾਬਰ ਹੋਵੇਗਾ। ਅੱਲਾਹ ਤੁਹਾਡੇ ਲਈ ਆਪਣੇ ਆਦੇਸ਼ਾਂ ਨੂੰ ਸਪਸ਼ਟ ਕਰਕੇ ਬਿਆਨ ਕਰਦਾ ਹੈ ਤਾਂ ਜੋ ਤੁਸੀਂ ਕੁਰਾਹੇ ਨਾ ਪੈ ਜਾਓ। ਅੱਲਾਹ ਹਰ ਚੀਜ਼ ਨੂੰ ਭਲੀ-ਭਾਂਤ ਜਾਣਦਾ ਹੈ।

5. ਸੂਰਤ ਮਾਇਦਾ (ਮਦਨੀ-112)

سُوْرَةُ الْمَآئِدَةِ

(ਆਇਤਾਂ 120, ਰੁਕੂਅ 16)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1 ਹੇ ਈਮਾਨ ਵਾਲਿਓ! ਆਪਣੇ ਵਚਨਾਂ ਨੂੰ ਨਿਭਾਓ ਤੁਹਾਡੇ ਲਈ ਸਾਰੇ ਚੌਖੁਰੇ ਪਸ਼ੂ ਹਲਾਲ (ਜਾਇਜ਼) ਕੀਤੇ ਗਏ ਹਨ, ਛੁੱਟ ਉਹਨਾਂ ਤੋਂ ਜਿਹੜੇ ਤੁਹਾਨੂੰ (ਅੱਗੇ ਚੱਲ ਕੇ) ਦੱਸੇ ਜਾਣਗੇ। ਪਰ ਜਦੋਂ ਤੁਸੀਂ ਇਹਰਾਮ (ਹੱਜ ਦਾ ਵਿਸ਼ੇਸ਼ ਵਸਤਰ) ਦੀ ਹਾਲਤ ਵਿਚ ਹੋਵੋਂ ਤਾਂ ਸ਼ਿਕਾਰ ਨੂੰ ਆਪਣੇ ਲਈ ਜਾਇਜ਼ ਨਾ ਸਮਝੋ। ਬੇਸ਼ੱਕ ਅੱਲਾਹ ਜੋ ਚਾਹੁੰਦਾ ਹੈ ਉਸੇ ਦਾ ਹੁਕਮ ਦਿੰਦਾ ਹੈ।

يٰٓاَيُّهَا الَّذِيْنَ اٰمَنُوْٓا اَوْفُوْا بِالْعُقُوْدِ اُحِلَّتْ لَكُمْ
بَهِيْمَةُ الْاَنْعَامِ اِلَّا مَا يُتْلٰى عَلَيْكُمْ غَيْرَ مُحِلِّي
الصَّيْدِ وَاَنْتُمْ حُرُمٌ اِنَّ اللّٰهَ يَحْكُمُ مَا يُرِيْدُ (١)

2. ਹੇ ਈਮਾਨ ਵਾਲਿਓ, ਅੱਲਾਹ ਦੀਆਂ ਨਿਸ਼ਾਨੀਆਂ ਦਾ ਨਿਰਾਦਰ ਨਾ ਕਰੋ ਅਤੇ ਨਾ ਅਦਬ ਵਾਲੇ ਮਹੀਨਿਆਂ ਦਾ ਅਤੇ ਨਾ ਹੀ ਹਰਮ (ਭਾਵ ਖ਼ਾਨਾ ਕਾਅਬਾ) ਵਿਚ ਕੁਰਬਾਨ ਹੋਣ ਵਾਲੇ ਜਾਨਵਰ ਦਾ, ਜਿਨ੍ਹਾਂ ਦੇ ਗਲੇ ਵਿਚ ਕੁਰਬਾਨੀ ਦੇ ਪਟੇ ਪਏ ਹੋਏ ਹਨ ਅਤੇ ਨਾ ਕਾਅਬੇ ਵੱਲ ਜਾਣ ਵਾਲੇ ਉਹਨਾਂ ਲੋਕਾਂ ਨੂੰ ਤੰਗ ਕਰੋ ਜਿਹੜੇ ਅੱਲਾਹ ਦੇ ਘਰ (ਖ਼ਾਨਾ-ਕਾਅਬਾ) ਵੱਲ ਆਪਣੇ ਰੱਬ ਦੇ ਫ਼ਜ਼ਲ ਅਤੇ ਉਸ ਦੀ ਰਜ਼ਾ ਦੀ ਭਾਲ ਵਿਚ ਜਾ ਰਹੇ ਹਨ। ਹਾਂ! ਜਦੋਂ ਤੁਸੀਂ ਇਹਰਾਮ ਉਤਾਰ ਦਿਓ ਤਾਂ ਸ਼ਿਕਾਰ ਕਰ ਸਕਦੇ ਹੋ। ਜਿਨ੍ਹਾਂ ਲੋਕਾਂ ਨੇ ਤੁਹਾਨੂੰ ਮਸਜਿਦੇ ਹਰਾਮ (ਸਤਿਕਾਰਯੋਗ

يٰٓاَيُّهَا الَّذِيْنَ اٰمَنُوْا لَا تُحِلُّوْا شَعَآئِرَ اللّٰهِ وَلَا
الشَّهْرَ الْحَرَامَ وَلَا الْهَدْيَ وَلَا الْقَلَآئِدَ وَلَآ
آٰمِّيْنَ الْبَيْتَ الْحَرَامَ يَبْتَغُوْنَ فَضْلًا مِّنْ رَّبِّهِمْ
وَرِضْوَانًا وَاِذَا حَلَلْتُمْ فَاصْطَادُوْا وَلَا يَجْرِمَنَّكُمْ
شَنَاٰنُ قَوْمٍ اَنْ صَدُّوْكُمْ عَنِ الْمَسْجِدِ الْحَرَامِ اَنْ
تَعْتَدُوْا وَتَعَاوَنُوْا عَلَى الْبِرِّ وَالتَّقْوٰى وَلَا تَعَاوَنُوْا
عَلَى الْاِثْمِ وَالْعُدْوَانِ وَاتَّقُوا اللّٰهَ اِنَّ اللّٰهَ
شَدِيْدُ الْعِقَابِ (٢)

ਮਸਜਿਦ (ਭਾਵ ਖ਼ਾਨਾ-ਕਾਅਬਾ) ਤੋਂ ਰੋਕਿਆ ਸੀ ਉਹਨਾਂ ਦੀ ਦੁਸ਼ਮਨੀ ਤੁਹਾਨੂੰ ਇਸ ਗੱਲ ਲਈ ਨਾ ਉਭਾਰੇ ਕਿ ਤੁਸੀਂ ਉਹਨਾਂ ਨਾਲ ਵਧੀਕੀ ਕਰੋ। ਤੁਸੀਂ ਨੇਕੀ ਅਤੇ ਪਰਹੇਜ਼ਗਾਰੀ (ਭਾਵ ਬੁਰਾਈਆਂ ਤੋਂ ਬਚਣ) ਵਿਚ ਇਕ ਦੂਜੇ ਦੀ ਸਹਾਇਤਾ ਕਰਦੇ ਰਹੋ, ਪਰ ਗੁਨਾਹ ਅਤੇ ਵਧੀਕੀ ਦੇ ਕੰਮਾਂ ਵਿਚ ਸਹਿਯੋਗੀ ਨਾ ਬਣੋ। ਅੱਲਾਹ ਤੋਂ ਡਰਦੇ ਰਹੋ, ਬੇਸ਼ੱਕ ਅੱਲਾਹ (ਗੁਨਾਹਾਂ ਤੇ ਵਧੀਕੀ ਕਰਨ ਵਾਲਿਆਂ ਨੂੰ) ਕਰੜੀ ਸਜ਼ਾ ਦੇਣ ਵਾਲਾ ਹੈ।

3 (ਹੇ ਮੁਸਲਮਾਨੋ!) ਤੁਹਾਡੇ ਲਈ, ਮੁਰਦਾਰ, ਖ਼ੂਨ, ਸੂਰ ਦਾ ਮਾਸ ਅਤੇ ਉਹ ਜਾਨਵਰ ਜਿਸ ਨੂੰ ਜ਼ਿਬਹ (ਭਾਵ ਕੁਰਬਾਨ) ਕਰਨ ਲੱਗੇ ਰੱਬ ਤੋਂ ਛੁੱਟ ਹੋਰ ਕਿਸੇ ਦਾ ਨਾਂ ਲਿਆ ਗਿਆ ਹੋਵੇ, ਜਿਹੜਾ ਜਾਨਵਰ ਗਲਾ ਘੁਟ ਕੇ ਮਰ ਜਾਵੇ ਜਾਂ ਸੱਟ ਖਾ ਕੇ ਮਰ ਜਾਵੇ ਜਾਂ ਉੱਚੀ ਥਾਂ ਤੋਂ ਗਿਰ ਕੇ ਮਰ ਜਾਵੇ ਜਾਂ ਕੋਈ ਜਾਨਵਰ ਸਿੰਗ ਲੱਗਣ ਨਾਲ ਮਰ ਜਾਵੇ ਅਤੇ ਜਿਸ ਪਸ਼ੂ ਨੂੰ ਕਿਸੇ ਦਰਿੰਦੇ ਨੇ ਪਾੜ ਖਾਇਆ ਹੋਵੇ, ਛੁੱਟ ਉਸ ਤੋਂ ਜਿਸ ਨੂੰ ਤੁਸੀਂ ਜਿਉਂਦਾ ਵੇਖ ਕੇ ਹਲਾਲ ਕਰ ਲਿਆ ਹੋਵੇ ਅਤੇ ਉਹ ਜਾਨਵਰ ਜਿਹੜਾ ਕਿਸੇ ਅਸਥਾਨਾਂ[1] 'ਤੇ ਕੁਰਬਾਨ ਕੀਤਾ ਗਿਆ ਹੋਵੇ, ਹਰਾਮ (ਨਾ ਜਾਇਜ਼) ਕੀਤਾ ਗਿਆ ਹੈ। ਤੁਹਾਡੇ ਲਈ ਇਹ ਵੀ ਨਾ-ਜਾਇਜ਼ ਹੈ ਕਿ ਤੁਸੀਂ ਕਾਨਿਆਂ ਨਾਲ ਆਪਣੀ ਕਿਸਮਤ ਮਾਲੂਮ ਕਰੋ, ਇਹ ਸਾਰੇ ਕੰਮ ਗੁਨਾਹ ਦੇ ਹਨ। ਅੱਜ ਉਹ ਲੋਕ ਨਿਰਾਸ਼ ਹੋ ਗਏ ਹਨ ਜਿਨ੍ਹਾਂ ਨੇ ਤੁਹਾਡੇ ਦੀਨ ਦਾ ਇਨਕਾਰ ਕੀਤਾ ਹੈ, ਸੋ ਤੁਸੀਂ ਉਹਨਾਂ ਤੋਂ ਨਾ ਡਰੋ ਸਗੋਂ ਮੈਥੋਂ ਹੀ ਡਰੋ। ਅੱਜ ਮੈਨੇ (ਅੱਲਾਹ ਨੇ) ਤੁਹਾਡੇ ਲਈ

حُرِّمَتْ عَلَيْكُمُ الْمَيْتَةُ وَالدَّمُ وَلَحْمُ الْخِنْزِيرِ
وَمَا أُهِلَّ لِغَيْرِ اللَّهِ بِهِ وَالْمُنْخَنِقَةُ وَالْمَوْقُوذَةُ
وَالْمُتَرَدِّيَةُ وَالنَّطِيحَةُ وَمَا أَكَلَ السَّبُعُ إِلَّا
مَا ذَكَّيْتُمْ وَمَا ذُبِحَ عَلَى النُّصُبِ وَأَنْ
تَسْتَقْسِمُوا بِالْأَزْلَامِ ۚ ذَٰلِكُمْ فِسْقٌ ۗ الْيَوْمَ يَئِسَ
الَّذِينَ كَفَرُوا مِنْ دِينِكُمْ فَلَا تَخْشَوْهُمْ وَاخْشَوْنِ ۚ
الْيَوْمَ أَكْمَلْتُ لَكُمْ دِينَكُمْ وَأَتْمَمْتُ عَلَيْكُمْ
نِعْمَتِي وَرَضِيتُ لَكُمُ الْإِسْلَامَ دِينًا ۚ فَمَنِ اضْطُرَّ
فِي مَخْمَصَةٍ غَيْرَ مُتَجَانِفٍ لِإِثْمٍ ۙ فَإِنَّ اللَّهَ
غَفُورٌ رَحِيمٌ ﴿٣﴾

[1] ਥਾਨ ਤੋਂ ਭਾਵ ਉਹ ਥਾਂ ਜਿਹੜੀ ਬੁੱਤਾਂ ਦੇ ਨੇੜੇ ਬੁੱਤਾਂ ਨੂੰ ਖ਼ੁਸ਼ ਕਰਨ ਲਈ ਜਾਨਵਰਾਂ ਨੂੰ ਜ਼ਿਬਹ (ਵੱਢ) ਕਰਨ ਲਈ ਹੁੰਦੀ ਹੈ।

ਤੁਹਾਡਾ ਦੀਨ (ਧਰਮ) ਨੂੰ ਮੁਕੰਮਲ ਕਰ ਦਿੱਤਾ ਹੈ ਅਤੇ ਤੁਹਾਡੇ ਉੱਤੇ ਆਪਣੀ ਨਿਆਮਤ ਪੂਰੀ ਉਤਾਰ ਛੱਡੀ ਹੈ ਅਤੇ ਤੁਹਾਡੇ ਲਈ ਇਸਲਾਮ ਨੂੰ ਧਰਮ ਵਜੋਂ ਪਸੰਦ ਕੀਤਾ ਹੈ। ਜਿਹੜਾ ਕੋਈ ਭੁੱਖ ਤੋਂ ਹਾਲੋਂ-ਬੇਹਾਲ ਹੋ ਜਾਵੇ ਜਦੋਂ ਕਿ ਉਸ ਦੀ ਰੁਚੀ ਗੁਨਾਹ ਵੱਲ ਨਾ ਹੋਵੇ (ਅਤੇ ਉਹ ਕੋਈ ਹਰਾਮ ਚੀਜ਼ ਖਾ ਲਵੇ ਤਾਂ ਅਜਿਹੇ ਮੁਸਲਮਾਨ ਲਈ) ਬੇਸ਼ੱਕ ਅੱਲਾਹ ਵੱਡਾ ਬਖ਼ਸ਼ਣਹਾਰ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

4 (ਹੇ ਨਬੀ!) ਲੋਕੀਂ ਤੁਹਾਥੋਂ ਪੁੱਛਦੇ ਹਨ ਕਿ (ਰੱਬ ਵੱਲੋਂ) ਉਹਨਾਂ ਲਈ ਕੀ ਕੁੱਝ ਹਲਾਲ (ਜਾਇਜ਼) ਕੀਤਾ ਗਿਆ ਹੈ, ਤੁਸੀਂ ਆਖ ਦਿਓ! ਕਿ ਸਾਰੀਆਂ ਹੀ ਪਾਕ ਚੀਜ਼ਾਂ ਤੁਹਾਡੇ ਲਈ ਹਲਾਲ ਕੀਤੀਆਂ ਗਈਆਂ ਹਨ ਅਤੇ ਜਿਹੜੇ ਜਾਨਵਰਾਂ ਨੂੰ ਤੁਸੀਂ ਸ਼ਿਕਾਰ ਕਰਨ ਲਈ ਸਿਖਲਾਈ ਦੇ ਰੱਖੀ ਹੈ ਭਾਵ ਤੁਸੀਂ ਆਪਣੇ ਸ਼ਿਕਾਰੀ ਜਾਨਵਰਾਂ ਨੂੰ ਉਹ ਕੁੱਝ ਸਿਖਾਉਂਦੇ ਹੋ ਜਿਸ ਦਾ ਗਿਆਨ ਰੱਬ ਨੇ ਤੁਹਾਨੂੰ ਦਿੱਤਾ ਹੋਇਆ ਹੈ ਸੋ ਜਿਹੜੇ ਵੀ ਸ਼ਿਕਾਰ ਨੂੰ ਉਹ ਤੁਹਾਡੇ ਲਈ ਫੜੀ ਰੱਖਣ ਤਾਂ ਉਸ ਸ਼ਿਕਾਰ ਕੀਤੇ ਹੋਏ ਜਾਨਵਰ ਨੂੰ ਅੱਲਾਹ ਦਾ ਨਾਂ ਪੜ੍ਹਕੇ ਜ਼ਿਬਹ ਕਰੋ ਫੇਰ ਉਸ ਵਿੱਚੋਂ ਖਾਓ। ਅੱਲਾਹ ਤੋਂ ਡਰਦੇ ਰਿਹਾ ਕਰੋ। ਬੇਸ਼ੱਕ ਅੱਲਾਹ ਛੇਤੀ ਹੀ ਹਿਸਾਬ ਲੈਣ ਵਾਲਾ ਹੈ।

يَسْـَٔلُونَكَ مَاذَآ أُحِلَّ لَهُمْ ۖ قُلْ أُحِلَّ لَكُمُ ٱلطَّيِّبَٰتُ ۙ وَمَا عَلَّمْتُم مِّنَ ٱلْجَوَارِحِ مُكَلِّبِينَ تُعَلِّمُونَهُنَّ مِمَّا عَلَّمَكُمُ ٱللَّهُ ۖ فَكُلُوا۟ مِمَّآ أَمْسَكْنَ عَلَيْكُمْ وَٱذْكُرُوا۟ ٱسْمَ ٱللَّهِ عَلَيْهِ ۖ وَٱتَّقُوا۟ ٱللَّهَ ۚ إِنَّ ٱللَّهَ سَرِيعُ ٱلْحِسَابِ (٤)

5 ਸਾਰੀਆਂ ਪਾਕ ਚੀਜ਼ਾਂ ਅੱਜ ਤੋਂ ਤੁਹਾਡੇ ਲਈ ਹਲਾਲ ਕਰ ਦਿੱਤੀਆਂ ਗਈਆਂ ਹਨ ਅਤੇ ਅਹਲੇ ਕਿਤਾਬ ਦਾ ਭੋਜਨ (ਯਹੂਦੀ ਅਤੇ ਈਸਾਈਆਂ ਦੇ ਹੱਥੋਂ ਅੱਲਾਹ ਦੇ ਨਾਂ 'ਤੇ ਜ਼ਿਬਹ ਕੀਤਾ ਗਿਆ

ٱلْيَوْمَ أُحِلَّ لَكُمُ ٱلطَّيِّبَٰتُ ۖ وَطَعَامُ ٱلَّذِينَ أُوتُوا۟ ٱلْكِتَٰبَ حِلٌّ لَّكُمْ وَطَعَامُكُمْ حِلٌّ لَّهُمْ ۖ وَٱلْمُحْصَنَٰتُ مِنَ ٱلْمُؤْمِنَٰتِ وَٱلْمُحْصَنَٰتُ مِنَ

الذين أوتوا الكتاب من قبلكم إذا آتيتموهن
أجورهن محصنين غير مسافحين ولا متخذي
أخدان ۗ ومن يكفر بالإيمان فقد حبط عمله
وهو في الآخرة من الخاسرين ﴿٥﴾

ਜਾਨਵਰ) ਤੁਹਾਡੇ ਲਈ ਜਾਇਜ਼ ਹੈ ਅਤੇ ਤੁਹਾਡਾ ਭੋਜਨ ਉਹਨਾਂ ਲਈ ਜਾਇਜ਼ ਹੈ। ਤੁਹਾਡੇ ਲਈ ਪਾਕ ਪਵਿੱਤਰ ਈਮਾਨ ਵਾਲੀਆਂ ਇਸਤਰੀਆਂ ਅਤੇ ਉਹਨਾਂ ਦੀਆਂ ਪਾਕ-ਪਵਿੱਤਰ ਇਸਤਰੀਆਂ ਵੀ ਹਲਾਲ ਹਨ (ਭਾਵ ਨਿਕਾਹ ਕਰ ਸਕਦੇ ਹੋ) ਜਿਹਨਾਂ ਨੂੰ ਤੁਹਾਥੋਂ ਪਹਿਲਾਂ ਕਿਤਾਬ ਦਿੱਤੀ ਗਈ ਸੀ, ਪਰ ਇਹ ਉਸ ਸਮੇਂ ਹੈ ਜਦੋਂ ਤੁਸੀਂ ਉਹਨਾਂ ਦੇ ਮਹਿਰ ਅਦਾ ਕਰਕੇ ਉਹਨਾਂ ਨੂੰ ਨਿਕਾਹ ਦੀ ਕੈਦ ਵਿਚ ਲੈ ਆਓ, ਨਾ ਬਦਕਾਰੀ ਕਰਨ ਵਾਲੇ ਬਣੋ ਅਤੇ ਨਾ ਹੀ ਗੁਪਤ ਸੰਬੰਧ ਰੱਖੋ। ਜਿਹੜਾ ਕੋਈ ਈਮਾਨ ਤੋਂ ਹੀ ਇਨਕਾਰ ਕਰੇਗਾ ਤਾਂ ਉਸ ਦਾ ਸਾਰਾ ਕੀਤਾ ਕਰਾਇਆ ਬਰਬਾਦ ਹੋਵੇਗਾ ਅਤੇ ਉਹ ਪਰਲੋਕ ਵਿਖੇ ਘਾਟਾ ਸਹਿਣ ਵਾਲਿਆਂ ਵਿੱਚੋਂ ਹੋਵੇਗਾ।

يا أيها الذين آمنوا إذا قمتم إلى الصلاة فاغسلوا
وجوهكم وأيديكم إلى المرافق وامسحوا
برءوسكم وأرجلكم إلى الكعبين ۚ وإن كنتم
جنبا فاطهروا ۚ وإن كنتم مرضى أو على سفر

6. ਹੇ ਈਮਾਨ ਵਾਲਿਓ! ਜਦੋਂ ਤੁਸੀਂ ਨਮਾਜ਼ (ਦੇ ਇਰਾਦੇ ਨਾਲ) ਉੱਠੋ ਤਾਂ ਤੁਹਾਨੂੰ ਚਾਹੀਦਾ ਹੈ ਕਿ ਆਪਣੇ ਚਿਹਰੇ ਨੂੰ ਧੋਵੋ ਅਤੇ ਹੱਥਾਂ ਨੂੰ ਸਣੇ ਕੂਹਣੀਆਂ ਧੋ ਲਵੋ ਆਪਣੇ ਸਿਰ ਉੱਤੇ (ਹੱਥ ਗਿੱਲੇ ਕਰਕੇ) ਫੇਰੋ ਅਤੇ ਆਪਣੇ ਪੈਰਾਂ ਨੂੰ ਗਿਟੇ ਸਣੇ ਧੋਵੋ। ਜੇ ਤੁਸੀਂ ਨਾਪਾਕੀ ਦੀ ਹਾਲਤ ਵਿਚ ਹੋਵੋ ਤਾਂ ਇਸ਼ਨਾਨ ਕਰ ਲਵੋ ਹਾਂ। ਜੇ ਤੁਸੀਂ ਬਿਮਾਰ ਜਾਂ ਸਫ਼ਰ ਵਿਚ ਹੋਵੋ ਜਾਂ ਤੁਹਾਡੇ ਵਿੱਚੋਂ ਕੋਈ ਵਿਅਕਤੀ ਨਿਤ ਰੋਜ਼ ਦੀਆਂ ਲੋੜਾਂ (ਭਾਵ

[1] ਇਸ ਆਇਤ ਵਿਚ ਵਜ਼ੂ ਕਰਨ ਦਾ ਹੁਕਮ ਹੈ। ਕਿਆਮਤ ਦਿਹਾੜੇ ਉੱਮਤੇ ਮੁਹੰਮਦੀਆ ਦੀ ਵਿਸ਼ੇਸ਼ਤਾ ਹੋਵੇਗੀ ਕਿ ਉਸ ਦੇ ਵਜ਼ੂ ਵਾਲੇ ਸਰੀਰ ਦੇ ਅੰਗ ਚਮਕਣਗੇ ਜਿਵੇਂ ਕਿ ਨਬੀ ਕਰੀਮ (ਸ) ਨੇ ਫ਼ਰਮਾਇਆ, ਜਦੋਂ ਮੇਰੀ ਉੱਮਤ ਦੇ ਲੋਕ ਕਿਆਮਤ ਦਿਹਾੜੇ ਬੁਲਾਏ ਜਾਣਗੇ ਤਾਂ ਵਜ਼ੂ ਕਾਰਨ ਉਹਨਾਂ ਦੇ ਮੱਥੇ, ਹੱਥ, ਪੈਰ ਚਮਕਦੇ ਹੋਣਗੇ। ਜੇ ਤੁਹਾਡੇ 'ਚੋਂ ਕੋਈ ਆਪਣੀ ਚਮਕ ਵਧਾਉਣ ਦੀ ਹਿੰਮਤ ਰੱਖਦਾ ਹੋਵੇ ਤਾਂ ਉਹ ਜ਼ਰੂਰ ਵਧਾਏ ਭਾਵ ਚੰਗੀ ਤਰ੍ਹਾਂ ਤੇ ਬੰਧ ਤੋਂ ਬੰਧ ਵਜ਼ੂ ਕਰੇ। (ਸਹੀ ਬੁਖ਼ਾਰੀ, ਹਦੀਸ: 136)

ਟੱਟੀ-ਪਿਸ਼ਾਬ ਆਦਿ) ਪੂਰੀਆਂ ਕਰਕੇ ਆਇਆ ਹੋਵੇ ਜਾਂ ਤੁਸੀਂ ਪਤਨੀਆਂ ਨਾਲ ਸੰਭੋਗ ਕੀਤਾ ਹੋਵੇ ਅਤੇ ਤੁਹਾਨੂੰ ਪਾਣੀ ਨਾ ਮਿਲੇ ਤਾਂ ਤੁਸੀਂ ਪਾਕ ਮਿੱਟੀ ਨਾਲ ਤਯੱਮੁਮ ਕਰ[1] ਲਓ ਫੇਰ ਉਸ (ਮਿੱਟੀ ਨਾਲ ਲਿਬੜੇ ਹੱਥਾਂ) ਨੂੰ ਆਪਣੇ ਚਿਹਰੇ ਅਤੇ ਹੱਥਾਂ ਉੱਤੇ ਫੇਰ ਲਿਆ ਕਰੋ। ਅੱਲਾਹ ਨਹੀਂ ਚਾਹੁੰਦਾ ਕਿ ਤੁਹਾਨੂੰ ਔਖਿਆਈ ਵਿਚ ਪਾਵੇ, ਸਗੋਂ ਉਹ ਤਾਂ ਤੁਹਾਨੂੰ ਪਾਕ ਰੱਖਣਾ ਚਾਹੁੰਦਾ ਹੈ ਅਤੇ ਤੁਹਾਡੇ ਉੱਤੇ ਆਪਣੀ ਨਿਅਮਤਾਂ ਪੂਰੀਆਂ ਕਰ ਦੇਣਾ ਚਾਹੁੰਦਾ ਹੈ, ਤਾਂ ਜੋ ਤੁਸੀਂ ਉਸ ਦਾ ਧੰਨਵਾਦ ਕਰੋ।

أَوْ جَآءَ أَحَدٌ مِّنكُم مِّنَ ٱلْغَآئِطِ أَوْ لَٰمَسْتُمُ
ٱلنِّسَآءَ فَلَمْ تَجِدُوا۟ مَآءً فَتَيَمَّمُوا۟ صَعِيدًا طَيِّبًا
فَٱمْسَحُوا۟ بِوُجُوهِكُمْ وَأَيْدِيكُم مِّنْهُ ۚ مَا يُرِيدُ
ٱللَّهُ لِيَجْعَلَ عَلَيْكُم مِّنْ حَرَجٍ وَلَٰكِن يُرِيدُ
لِيُطَهِّرَكُمْ وَلِيُتِمَّ نِعْمَتَهُۥ عَلَيْكُمْ لَعَلَّكُمْ
تَشْكُرُونَ ۝٦

7 (ਹੇ ਮੋਮਿਨੋਂ!) ਤੁਹਾਡੇ ਉੱਤੇ ਜੋ ਵੀ ਅੱਲਾਹ ਵੱਲੋਂ ਨਿਅਮਤ ਨਾਜ਼ਿਲ ਹੋਈ ਹੈ ਉਸ ਨੂੰ ਚੇਤੇ ਰੱਖੋ ਅਤੇ ਇਸ ਬਚਨ ਨੂੰ ਵੀ ਯਾਦ ਰੱਖੋ ਜੋ ਤੁਸੀਂ ਉਸ (ਅੱਲਾਹ) ਨਾਲ ਕੀਤਾ ਹੈ, ਜਦੋਂ ਤੁਸੀਂ (ਇਕਰਾਰ ਵਜੋਂ) ਕਿਹਾ ਸੀ ਕਿ ਅਸੀਂ ਇਹਨਾਂ ਹੁਕਮਾਂ ਨੂੰ ਸੁਣਿਆ ਅਤੇ ਇਸ ਨੂੰ ਸਵੀਕਾਰ ਕੀਤਾ ਹੈ। ਸ ਅੱਲਾਹ ਤੋਂ ਡਰਦੇ ਰਹੋ ਬੇਸ਼ੱਕ ਅੱਲਾਹ ਦਿਲਾਂ (ਵਿਚ ਲੁਕੇ) ਭੇਤਾਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

وَٱذْكُرُوا۟ نِعْمَةَ ٱللَّهِ عَلَيْكُمْ وَمِيثَٰقَهُ ٱلَّذِى
وَاثَقَكُم بِهِۦٓ إِذْ قُلْتُمْ سَمِعْنَا وَأَطَعْنَا ۖ
وَٱتَّقُوا۟ ٱللَّهَ ۚ إِنَّ ٱللَّهَ عَلِيمٌۢ بِذَاتِ ٱلصُّدُورِ ۝٧

8. ਹੇ ਈਮਾਨ ਵਾਲਿਓ! ਤੁਸੀਂ ਅੱਲਾਹ ਲਈ ਹੱਕ ਸੱਚ ਉੱਤੇ ਖੜ੍ਹਣ ਵਾਲੇ ਅਤੇ ਇਨਸਾਫ਼ ਦੀ ਗਵਾਹੀ ਦੇਣ ਵਾਲੇ ਬਣ ਜਾਓ। ਕਿਸੇ ਕੌਮ ਦੀ ਦੁਸ਼ਮਨੀ ਤੁਹਾਨੂੰ ਇਸ ਗੱਲ 'ਤੇ ਨਾ ਉਭਾਰੇ ਕਿ ਤੁਸੀਂ ਇਨਸਾਫ਼ ਹੀ ਨਾ ਕਰ ਸਕੋਂ। ਇਨਸਾਫ਼ ਤੋਂ ਕੰਮ ਲਿਆ ਕਰੋ ਇਹੋ ਪਰਹੇਜ਼ਗਾਰੀ ਦੇ ਵੱਧ ਨੇੜੇ ਹੈ ਅਤੇ

يَٰٓأَيُّهَا ٱلَّذِينَ ءَامَنُوا۟ كُونُوا۟ قَوَّٰمِينَ لِلَّهِ شُهَدَآءَ
بِٱلْقِسْطِ ۖ وَلَا يَجْرِمَنَّكُمْ شَنَـَٔانُ قَوْمٍ عَلَىٰٓ
أَلَّا تَعْدِلُوا۟ ۚ ٱعْدِلُوا۟ هُوَ أَقْرَبُ لِلتَّقْوَىٰ ۖ
وَٱتَّقُوا۟ ٱللَّهَ ۚ إِنَّ ٱللَّهَ خَبِيرٌۢ بِمَا تَعْمَلُونَ ۝٨

[1] ਤਯੱਮੁਮ ਕਰਨ ਦਾ ਤਰੀਕਾ ਆਪਣੇ ਦੋਵਾਂ ਹੱਥਾਂ ਨੂੰ ਕਿਸੇ ਪਾਕ ਮਿੱਟੀ ਜਾਂ ਸਾਫ਼ ਧਰਤੀ 'ਤੇ ਮਾਰੋ ਫੇਰ ਦੋਵਾਂ ਹੱਥਾਂ ਤੋਂ ਮਿੱਟੀ ਝਾੜ ਕੇ ਇਕ ਹੱਥ ਦੀ ਹਥੇਲੀ ਦੂਜੇ ਹੱਥ ਦੀ ਪਿੱਠ 'ਤੇ ਫੇਰੋ ਅਤੇ ਫੇਰ ਆਪਣੇ ਚਿਹਰੇ 'ਤੇ ਮਲੋ, ਇਹ ਇਕ ਵਾਰ ਹੀ ਕਰਨਾ ਹੈ। (ਸਹੀ ਬੁਖ਼ਾਰੀ, ਹਦੀਸ 347)

ਅੱਲਾਹ ਤੋਂ ਡਰਦੇ ਰਹੋ, ਸੱਚ ਜਾਣੋ ਕਿ ਅੱਲਾਹ ਤੁਹਾਡੇ ਸਾਰੇ ਕੰਮਾਂ ਦੀ ਜਾਣਕਾਰੀ ਰੱਖਦਾ ਹੈ।

9. ਅੱਲਾਹ ਨੇ ਉਹਨਾਂ ਲੋਕਾਂ ਨਾਲ ਜਿਹੜੇ ਈਮਾਨ ਲਿਆਏ ਹਨ ਅਤੇ ਉਹਨਾਂ ਨੇ ਕੰਮ ਵੀ ਭਲੇ ਹੀ ਕੀਤੇ ਇਹ ਵਾਅਦਾ ਕੀਤਾ ਹੈ ਕਿ ਉਹਨਾਂ ਲਈ ਬਖ਼ਸ਼ਿਸ਼ ਹੈ ਅਤੇ ਭਲੇ ਕੰਮਾਂ ਦਾ ਬਹੁਤ ਵੱਡਾ ਬਦਲਾ ਹੈ।

وَعَدَ اللّٰهُ الَّذِيْنَ اٰمَنُوْا وَعَمِلُوا الصّٰلِحٰتِ ۙ لَهُمْ مَّغْفِرَةٌ وَّاَجْرٌ عَظِيْمٌ ﴿٩﴾

10 ਅਤੇ ਜਿਨ੍ਹਾਂ ਲੋਕਾਂ ਨੇ ਕੁਫ਼ਰ ਕੀਤਾ ਅਤੇ ਸਾਡੇ ਹੁਕਮਾਂ ਨੂੰ ਝੁਠਲਾਇਆ, ਉਹ ਸਾਰੇ ਲੋਕ ਨਰਕ ਵਿਚ ਜਾਣ ਵਾਲੇ ਹਨ।

وَالَّذِيْنَ كَفَرُوْا وَكَذَّبُوْا بِاٰيٰتِنَآ اُولٰٓئِكَ اَصْحٰبُ الْجَحِيْمِ ﴿١٠﴾

11. ਹੇ ਈਮਾਨ ਵਾਲਿਓ! ਅੱਲਾਹ ਨੇ ਤੁਹਾਡੇ ਉੱਤੇ ਜਿਹੜੀ ਨਿਆਮਤ (ਰੱਬੀ ਮਦਦ) ਨਾਜ਼ਿਲ ਕੀਤੀ ਸੀ ਉਸ ਨੂੰ ਚੇਤੇ ਰੱਖੋ ਜਦੋਂ ਇਕ ਕੌਮ ਨੇ ਤੁਹਾਡੇ ਉੱਤੇ ਹੱਥ ਪਾਉਣ ਦੀ ਕੋਸ਼ਿਸ਼ ਕੀਤੀ ਸੀ ਤਾਂ ਅੱਲਾਹ ਨੇ ਉਹਨਾਂ ਦੇ ਹੱਥਾਂ ਨੂੰ ਤੁਹਾਡੇ ਤਕ ਪਹੁੰਚਣ ਤੋਂ ਰੋਕ ਦਿੱਤਾ ਸੀ। ਅੱਲਾਹ ਤੋਂ ਡਰਦੇ ਰਹੋ ਅਤੇ ਮੋਮਿਨਾਂ ਨੂੰ ਅੱਲਾਹ ਉੱਤੇ ਹੀ ਭਰੋਸਾ ਕਰਨਾ ਚਾਹੀਦਾ ਹੈ।

يٰٓاَيُّهَا الَّذِيْنَ اٰمَنُوا اذْكُرُوْا نِعْمَتَ اللّٰهِ عَلَيْكُمْ اِذْ هَمَّ قَوْمٌ اَنْ يَّبْسُطُوْٓا اِلَيْكُمْ اَيْدِيَهُمْ فَكَفَّ اَيْدِيَهُمْ عَنْكُمْ ۚ وَاتَّقُوا اللّٰهَ ۗ وَعَلَى اللّٰهِ فَلْيَتَوَكَّلِ الْمُؤْمِنُوْنَ ﴿١١﴾

12. ਬੇਸ਼ੱਕ ਅੱਲਾਹ ਨੇ ਬਨੀ ਇਸਰਾਈਲ ਤੋਂ ਪੱਕਾ ਬਚਨ ਲਿਆ ਸੀ ਅਤੇ ਅਸੀਂ ਉਹਨਾਂ ਵਿੱਚੋਂ ਬਾਰਾਂ ਸਰਦਾਰ ਨਿਯੁਕਤ ਕੀਤੇ ਸਨ। ਅਤੇ ਅੱਲਾਹ ਨੇ ਉਹਨਾਂ ਨੂੰ ਆਖਿਆ ਸੀ ਕਿ ਮੈਂ ਤੁਹਾਡੇ ਅੰਗ-ਸੰਗ ਹੀ ਹਾਂ। ਜੇ ਤੁਸੀਂ ਨਮਾਜ਼ ਕਾਇਮ ਰੱਖੋਗੇ ਅਤੇ ਜ਼ਕਾਤ ਦਿੰਦੇ ਰਹੋਗੇ ਅਤੇ ਮੇਰੇ ਰਸੂਲਾਂ ਨੂੰ ਮੰਨੋਗੇ ਅਤੇ ਉਹਨਾਂ ਦੀ ਸਹਾਇਤਾ ਕਰਦੇ ਰਹੋਗੇ ਅਤੇ ਅੱਲਾਹ ਨੂੰ ਸੋਹਣਾ ਕਰਜ਼ਾ ਦਿਓਗੇ (ਭਾਵ ਰੱਬ ਦੀ ਰਾਹ ਵਿਚ ਖ਼ਰਚ ਕਰੋਗੇ) ਤਾਂ ਮੈਂ ਤੁਹਾਡੀਆਂ ਬੁਰਾਈਆਂ ਤੁਹਾਥੋਂ ਦੂਰ ਕਰ ਦੇਵਾਂਗਾ ਅਤੇ ਤੁਹਾਨੂੰ ਉਹਨਾਂ ਸਵਰਗਾਂ ਵਿਚ ਲੈ

وَلَقَدْ اَخَذَ اللّٰهُ مِيْثَاقَ بَنِيْٓ اِسْرَآءِيْلَ ۚ وَبَعَثْنَا مِنْهُمُ اثْنَيْ عَشَرَ نَقِيْبًا ۗ وَقَالَ اللّٰهُ اِنِّيْ مَعَكُمْ ۗ لَئِنْ اَقَمْتُمُ الصَّلٰوةَ وَاٰتَيْتُمُ الزَّكٰوةَ وَاٰمَنْتُمْ بِرُسُلِيْ وَعَزَّرْتُمُوْهُمْ وَاَقْرَضْتُمُ اللّٰهَ قَرْضًا حَسَنًا لَّاُكَفِّرَنَّ عَنْكُمْ سَيِّاٰتِكُمْ وَلَاُدْخِلَنَّكُمْ جَنّٰتٍ تَجْرِيْ مِنْ تَحْتِهَا الْاَنْهٰرُ ۚ فَمَنْ كَفَرَ بَعْدَ ذٰلِكَ مِنْكُمْ فَقَدْ ضَلَّ سَوَآءَ السَّبِيْلِ ﴿12﴾

ਕੇ ਜਾਵਾਂਗਾ ਜਿਨ੍ਹਾਂ ਦੇ ਹੇਠ ਨਹਿਰਾਂ ਵਗਦੀਆਂ ਹਨ, ਜੇ ਕਿਸੇ ਨੇ ਫੇਰ ਵੀ ਕੁਫ਼ਰ ਕੀਤਾ ਤਾਂ ਅਸਲੋਂ ਉਹ ਸਿੱਧੇ ਰਸਤੇ ਤੋਂ ਭਟਕ ਗਿਆ।

فَبِمَا نَقْضِهِمْ مِّيثَاقَهُمْ لَعَنّٰهُمْ وَجَعَلْنَا قُلُوبَهُمْ
قٰسِيَةً ۚ يُحَرِّفُونَ الْكَلِمَ عَنْ مَّوَاضِعِهٖ ۙ وَنَسُوا
حَظًّا مِّمَّا ذُكِّرُوا بِهٖ ۚ وَلَا تَزَالُ تَطَّلِعُ عَلٰى
خَآئِنَةٍ مِّنْهُمْ إِلَّا قَلِيلًا مِّنْهُمْ ۖ فَاعْفُ عَنْهُمْ
وَاصْفَحْ ۚ إِنَّ اللّٰهَ يُحِبُّ الْمُحْسِنِينَ ﴿١٣﴾

13. ਸੋ ਉਹਨਾਂ ਦੇ ਆਪਣੇ ਹੀ ਕੀਤੇ ਬਚਨਾਂ ਨੂੰ ਭੰਗ ਕਰਨ ਕਾਰਨ[1] ਅਸੀਂ ਉਹਨਾਂ (ਬਨੀ ਇਸਰਾਈਲ) ਉੱਤੇ ਲਾਅਨਤਾਂ ਭੇਜੀਆਂ ਅਤੇ ਉਹਨਾਂ ਦੇ ਦਿਲ ਕਠੋਰ ਕਰ ਦਿੱਤੇ (ਕਿ ਉਹ ਸਿੱਧੇ ਰਾਹ ਤੁਰ ਹੀ ਨਾ ਸਕਣ)। ਉਹ ਰੱਬ ਦੇ ਕਲਾਮ ਦੀ ਰੂਪ ਰੇਖਾ ਬਦਲ ਦਿੰਦੇ ਹਨ ਅਤੇ ਜੋ ਵੀ ਉਹਨਾਂ ਨੂੰ ਹਿਦਾਇਤਾਂ ਕੀਤੀਆਂ ਗਈਆਂ ਸਨ ਉਹਨਾਂ ਦਾ ਇਕ ਵੱਡਾ ਹਿੱਸਾ ਉਹਨਾਂ ਨੇ ਭੁਲਾ ਦਿੱਤਾ ਹੈ। (ਹੇ ਨਬੀ !) ਉਹਨਾਂ ਵਿਚ ਕੁੱਝ ਲੋਕਾਂ ਨੂੰ ਛੱਡ ਕੇ ਦੂਜਿਆਂ ਵੱਲੋਂ ਹੇਰਾ ਫੇਰੀ ਕਰਨ ਦੀ ਸੂਚਨਾ ਆਮ ਕਰਕੇ ਤੁਹਾਨੂੰ ਮਿਲਦੀ ਰਹਿੰਦੀ ਹੈ। ਸੋ ਤੁਸੀਂ ਉਹਨਾਂ ਨੂੰ ਖਿਮਾ ਬਖ਼ਸ਼ੋ ਅਤੇ ਉਹਨਾਂ ਦੀਆਂ ਕਰਤੂਤਾਂ ਤੋਂ ਅਣਡੇਖੀ ਕਰ ਦਿਓ। ਬੇਸ਼ੱਕ ਅੱਲਾਹ ਉਪਕਾਰ ਕਰਨ ਵਾਲਿਆਂ ਨੂੰ ਪਸੰਦ ਕਰਦਾ ਹੈ।

وَمِنَ الَّذِينَ قَالُوٓا إِنَّا نَصٰرٰىٓ أَخَذْنَا مِيثَاقَهُمْ
فَنَسُوا حَظًّا مِّمَّا ذُكِّرُوا بِهٖ ۖ فَأَغْرَيْنَا بَيْنَهُمُ
الْعَدَاوَةَ وَالْبَغْضَآءَ إِلٰى يَوْمِ الْقِيٰمَةِ ۚ وَسَوْفَ
يُنَبِّئُهُمُ اللّٰهُ بِمَا كَانُوا يَصْنَعُونَ ﴿١٤﴾

14 ਜਿਹੜੇ ਆਪਣੇ ਆਪ ਨੂੰ ਨਸਰਾਨੀ (ਇਸਾਈ) ਆਖਵਾਉਂਦੇ ਹਨ, ਅਸੀਂ ਉਹਨਾਂ ਤੋਂ ਵੀ ਹੁਕਮਾਂ ਦੀ ਪਾਲਣਾ ਕਰਨ ਦਾ ਬਚਨ[2] ਲਿਆ ਸੀ, ਪ੍ਰੰਤੂ ਜਿਸ ਗੱਲ ਲਈ ਉਹਨਾਂ ਤੋਂ ਬਚਨ ਲਿਆ ਗਿਆ ਸੀ ਉਸ ਦਾ ਇਕ ਵੱਡਾ ਭਾਗ ਉਹਨਾਂ ਨੇ ਭੁਲਾ ਦਿੱਤਾ। ਸੋ ਫੇਰ ਅਸੀਂ ਵੀ ਉਹਨਾਂ ਵਿਚਾਲੇ ਕਿਆਮਤ ਤਕ

---

[1] ਯਹੂਦੀਆਂ ਨੂੰ ਤੌਰੇਤ ਰਾਹੀਂ ਹੁਕਮ ਦਿੱਤਾ ਗਿਆ ਸੀ ਕਿ ਜਦੋਂ ਵੀ ਮੁਹੰਮਦ (ਸ:) ਸਾਰੀ ਮਨੁੱਖਤਾ ਲਈ ਅੱਲਾਹ ਵੱਲੋਂ ਨਬੀ ਬਣਾ ਕੇ ਭੇਜੇ ਜਾਣ ਤਾਂ ਤੁਸੀਂ ਸਾਰੇ ਮੁਹੰਮਦ (ਸ:) ਦੀ ਪੈਰਵੀ ਕਰਨੀ ਹੈ ਪਰ ਉਹਨਾਂ ਨੇ ਇਹ ਬਚਨ ਤੋੜ ਦਿੱਤਾ।

[2] ਈਸਾਈਆਂ ਨੂੰ ਵੀ ਇੰਜੀਲ ਵਿਚ ਹੁਕਮ ਦਿੱਤਾ ਗਿਆ ਸੀ ਕਿ ਜਦੋਂ ਹਜ਼ਰਤ ਮੁਹੰਮਦ (ਸ:) ਪੂਰੀ ਮਨੁੱਖੀ ਨਸਲ ਲਈ ਨਬੀ ਬਣ ਕੇ ਆਉਣ ਤਾਂ ਤੁਸੀਂ ਸਾਰੇ ਉਸ 'ਤੇ ਈਮਾਨ ਲਿਆਉਣਾ ਹੈ ਅਤੇ ਆਪ (ਸ:) ਦੀ ਪੈਰਵੀ ਕਰਨਾ ਹੈ।

ਲਈ ਦੁਸ਼ਮਣੀ ਤੇ ਈਰਖਾ ਪਾ ਛੱਡੀ ਅਤੇ ਉਹ ਜੋ ਵੀ ਕਰਦੇ ਹਨ ਅੱਲਾਹ ਉਹਨਾਂ ਨੂੰ ਛੇਤੀ ਹੀ ਉਹਨਾਂ ਦੀਆਂ ਕਰਤੂਤਾਂ ਤੋਂ ਜਾਣੂ ਕਰ ਦੇਵੇਗਾ।

15. ਹੇ ਅਹਲੇ ਕਿਤਾਬ (ਯਹੂਦੀ ਅਤੇ ਈਸਾਈਓ)। ਤੁਹਾਡੇ ਕੋਲ ਸਾਡਾ ਰਸੂਲ (ਹਜ਼ਰਤ ਮੁਹੰਮਦ ਸ:) ਆ ਗਿਆ ਹੈ, ਉਹ ਤੁਹਾਨੂੰ ਅੱਲਾਹ ਦੀਆਂ ਕਿਤਾਬਾਂ (ਤੌਰੇਤ ਅਤੇ ਇੰਜੀਲ) ਦੀਆਂ ਬਹੁਤ ਸਾਰੀਆਂ ਗੱਲਾਂ ਸਪਸ਼ਟ ਕਰ ਰਿਹਾ ਹੈ ਜਿਨ੍ਹਾਂ ਨੂੰ ਤੁਸੀਂ ਲੁਕਾ ਰਹੇ ਸੀ ਅਤੇ ਵਧੇਰੀਆਂ ਗੱਲਾਂ ਤੋਂ ਅਣ-ਦੇਖੀ ਕਰ ਰਿਹਾ ਹੈ। ਬੇਸ਼ੱਕ ਤੁਹਾਡੇ ਕੋਲ ਅੱਲਾਹ ਵੱਲੋਂ ਚਾਨਣ ਅਤੇ (ਸੱਚ, ਝੂਠ ਨੂੰ) ਸਪਸ਼ਟ ਕਰਨ ਵਾਲੀ ਕਿਤਾਬ (ਪਵਿੱਤਰ ਕੁਰਆਨ) ਆ ਗਈ ਹੈ।

يَٰٓأَهۡلَ ٱلۡكِتَٰبِ قَدۡ جَآءَكُمۡ رَسُولُنَا يُبَيِّنُ لَكُمۡ كَثِيرٗا مِّمَّا كُنتُمۡ تُخۡفُونَ مِنَ ٱلۡكِتَٰبِ وَيَعۡفُواْ عَن كَثِيرٖۚ قَدۡ جَآءَكُم مِّنَ ٱللَّهِ نُورٞ وَكِتَٰبٞ مُّبِينٞ ﴿١٥﴾

16. ਇਸ ਕੁਰਆਨ ਰਾਹੀਂ ਅੱਲਾਹ ਉਹਨਾਂ ਲੋਕਾਂ ਨੂੰ, ਜਿਹੜੇ ਰੱਬ ਦੀ ਰਜ਼ਾ ਦੇ ਚਾਹਵਾਨ ਹਨ, ਸਿੱਧੇ ਰਾਹ ਦੀ ਅਗਵਾਈ ਕਰਦਾ ਹੈ ਅਤੇ ਆਪਣੀ ਆਗਿਆ ਨਾਲ ਹੀ ਉਹਨਾਂ ਨੂੰ ਹਨੇਰਿਆਂ 'ਚੋਂ ਕੱਢ ਕੇ ਰੌਸ਼ਨੀ ਵੱਲ ਲੈ ਕੇ ਜਾਂਦਾ ਹੈ ਅਤੇ ਉਹਨਾਂ ਨੂੰ ਸਿੱਧੇ ਰਾਹ ਵੱਲ ਲੈ ਕੇ ਜਾਂਦਾ ਹੈ।

يَهۡدِي بِهِ ٱللَّهُ مَنِ ٱتَّبَعَ رِضۡوَٰنَهُۥ سُبُلَ ٱلسَّلَٰمِ وَيُخۡرِجُهُم مِّنَ ٱلظُّلُمَٰتِ إِلَى ٱلنُّورِ بِإِذۡنِهِۦ وَيَهۡدِيهِمۡ إِلَىٰ صِرَٰطٖ مُّسۡتَقِيمٖ ﴿١٦﴾

17 ਬੇਸ਼ੱਕ ਉਹ ਲੋਕ ਰੱਬ ਦੇ ਇਨਕਾਰੀ ਹੋ ਗਏ ਜਿਨ੍ਹਾਂ ਨੇ ਕਿਹਾ ਕਿ ਬੇਸ਼ੱਕ ਅੱਲਾਹ ਤਾਂ ਉਹੀ ਮਸੀਹ, ਮਰੀਅਮ ਦਾ ਪੁੱਤਰ ਹੈ। (ਹੇ ਨਬੀ!) ਜੇਕਰ ਅੱਲਾਹ ਮਰੀਅਮ ਦੇ ਪੁੱਤਰ ਮਸੀਹ ਨੂੰ ਅਤੇ ਉਸ ਦੀ ਮਾਤਾ ਨੂੰ ਅਤੇ ਧਰਤੀ ਉੱਤੇ ਵਸਨ ਵਾਲੇ ਸਾਰੇ ਹੀ ਲੋਕਾਂ ਨੂੰ ਹਲਾਕ ਕਰ ਦੇਵੇ, ਤਾਂ ਕੌਣ ਹੈ ਜਿਹੜਾ ਅੱਲਾਹ ਨੂੰ ਇਸ ਗੱਲ ਤੋਂ ਰੋਕਣ ਦਾ ਅਧਿਕਾਰ ਰੱਖਦਾ ਹੈ? ਅਕਾਸ਼ ਅਤੇ ਧਰਤੀ ਅਤੇ ਇਹਨਾਂ ਦੋਵਾਂ ਦੇ ਵਿਚਾਲੇ ਜੋ ਕੁੱਝ ਵੀ ਹੈ ਉਹਨਾਂ

لَّقَدۡ كَفَرَ ٱلَّذِينَ قَالُوٓاْ إِنَّ ٱللَّهَ هُوَ ٱلۡمَسِيحُ ٱبۡنُ مَرۡيَمَۚ قُلۡ فَمَن يَمۡلِكُ مِنَ ٱللَّهِ شَيۡـًٔا إِنۡ أَرَادَ أَن يُهۡلِكَ ٱلۡمَسِيحَ ٱبۡنَ مَرۡيَمَ وَأُمَّهُۥ وَمَن فِي ٱلۡأَرۡضِ جَمِيعٗاۗ وَلِلَّهِ مُلۡكُ ٱلسَّمَٰوَٰتِ وَٱلۡأَرۡضِ وَمَا بَيۡنَهُمَاۚ يَخۡلُقُ مَا يَشَآءُۚ وَٱللَّهُ عَلَىٰ كُلِّ شَيۡءٖ قَدِيرٞ ﴿١٧﴾

ਸਭ ਦਾ ਮਾਲਿਕ ਅੱਲਾਹ ਹੀ ਹੈ ਉਹ ਜੋ ਵੀ ਚਾਹੁੰਦਾ ਹੈ ਪੈਦਾ ਕਰਦਾ ਹੈ ਅਤੇ ਹਰੇਕ ਚੀਜ਼ ਅੱਲਾਹ ਦੇ ਵੱਸ ਵਿਚ ਹੈ।

18. ਯਹੂਦੀ ਅਤੇ ਈਸਾਈ ਆਖਦੇ ਹਨ ਕਿ ਅਸੀਂ ਅੱਲਾਹ ਦੇ ਪੁੱਤਰ ਅਤੇ ਉਸ ਦੇ ਲਾਡਲੇ ਹਾਂ। (ਤੁਸੀਂ ਹੇ ਨਬੀ!) ਉਹਨਾਂ ਤੋਂ ਪੁੱਛੋ ਕਿ ਜੇ ਇਹ ਗੱਲ ਹੈ ਤਾਂ ਫੇਰ ਉਹ ਤੁਹਾਡੇ ਪਾਪਾਂ ਦੀ ਸਜ਼ਾ ਕਿਉਂ ਦਿੰਦਾ ਹੈ? ਨਹੀਂ ਸਗੋਂ ਤੁਸੀਂ ਵੀ ਉਸ (ਅੱਲਾਹ) ਦੀ ਰਚਨਾ ਵਿੱਚੋਂ ਇਕ ਮਨੁੱਖੀ ਰਚਨਾ ਹੋ, ਉਹ ਜਿਸ ਨੂੰ ਚਾਹੁੰਦਾ ਹੈ ਬਖ਼ਸ਼ ਦਿੰਦਾ ਹੈ ਅਤੇ ਜਿਸ ਨੂੰ ਚਾਹੁੰਦਾ ਹੈ ਸਜ਼ਾ ਦੇ ਦਿੰਦਾ ਹੈ। ਅਕਾਸ਼ ਅਤੇ ਧਰਤੀ ਅਤੇ ਇਹਨਾਂ ਦੇ ਵਿਚਾਲੇ ਦੀ ਹਰੇਕ ਚੀਜ਼ ਦਾ ਮਾਲਿਕ ਅੱਲਾਹ ਹੀ ਹੈ ਅਤੇ ਤੁਸੀਂ ਸਭ ਨੇ ਉਸੇ ਵੱਲ ਮੁੜ ਕੇ ਜਾਣਾ ਹੈ।

وَقَالَتِ الْيَهُودُ وَالنَّصَارَىٰ نَحْنُ أَبْنَاءُ اللَّهِ
وَأَحِبَّاؤُهُ ۚ قُلْ فَلِمَ يُعَذِّبُكُم بِذُنُوبِكُم ۖ
بَلْ أَنتُم بَشَرٌ مِّمَّنْ خَلَقَ ۚ يَغْفِرُ لِمَن
يَشَاءُ وَيُعَذِّبُ مَن يَشَاءُ ۚ وَلِلَّهِ مُلْكُ السَّمَاوَاتِ
وَالْأَرْضِ وَمَا بَيْنَهُمَا ۖ وَإِلَيْهِ الْمَصِيرُ ﴿١٨﴾

19. ਹੇ ਕਿਤਾਬ ਵਾਲਿਓ! ਤੁਹਾਡੇ ਕੋਲ ਸਾਡਾ ਰਸੂਲ (ਹਜ਼ਰਤ ਮੁਹੰਮਦ) ਆ ਗਿਆ ਹੈ, ਜਿਹੜਾ ਰਸੂਲਾਂ ਦੇ ਕਾਫ਼ੀ ਦੇਰ ਮਗਰੋਂ ਆਇਆ ਹੈ ਜੋ ਤੁਹਾਡੇ ਲਈ ਸਾਫ਼ੀਆਂ ਗੱਲਾਂ (ਸਿੱਖਿਆਵਾਂ) ਨੂੰ ਵਿਸਥਾਰ ਪੂਰਵਕ ਬਿਆਨ ਕਰਦਾ ਹੈ ਤਾਂ ਜੋ ਤੁਸੀਂ ਇਹ ਨਾ ਕਹਿ ਸਕੋ ਕਿ ਸਾਡੇ ਕੋਲ ਤਾਂ ਕੋਈ ਸਵਰਗ ਦੀਆਂ ਖ਼ੁਸ਼ਖ਼ਬਰੀਆਂ ਸੁਣਾਉਣ ਵਾਲਾ ਤੇ (ਨਰਕ ਤੋਂ) ਡਰਾਉਣ ਵਾਲਾ ਕੋਈ ਆਇਆ ਹੀ ਨਹੀਂ ਸੀ। ਸੋ ਹੁਣ ਖ਼ੁਸ਼ਖ਼ਬਰੀਆਂ ਦੇਣ ਵਾਲਾ ਅਤੇ ਡਰਾਉਣ ਵਾਲਾ ਆ ਗਿਆ ਹੈ। ਅੱਲਾਹ ਹਰ ਚੀਜ਼ ਉੱਤੇ ਪੂਰੀ ਕੁਦਰਤ ਰੱਖਦਾ ਹੈ।

يَا أَهْلَ الْكِتَابِ قَدْ جَاءَكُمْ رَسُولُنَا يُبَيِّنُ لَكُمْ
عَلَىٰ فَتْرَةٍ مِّنَ الرُّسُلِ أَن تَقُولُوا مَا جَاءَنَا
مِن بَشِيرٍ وَلَا نَذِيرٍ ۖ فَقَدْ جَاءَكُم بَشِيرٌ
وَنَذِيرٌ ۗ وَاللَّهُ عَلَىٰ كُلِّ شَيْءٍ قَدِيرٌ ﴿١٩﴾

---

[1] ਇਸ ਲਈ ਸਾਰੇ ਮਨੁੱਖਾਂ ਲਈ ਇਹ ਲਾਜ਼ਮ ਹੈ ਕਿ ਉਹ ਮੁਹੰਮਦ (ਸ:) ਦੀ ਨਬੁੱਵਤ ਤੇ ਰਸਾਲਤ 'ਤੇ ਈਮਾਨ ਲੈਕੇ ਆਉਣ। ਨਬੀ (ਸ:) ਨੇ ਫ਼ਰਮਾਇਆ ਕਿ ਮੇਰੀ ਅਤੇ ਮੈਥੋਂ ਪਹਿਲਾਂ ਹੋਏ ਨਬੀਆਂ ਦੀ ਉਦਾਹਰਨ ਇੰਜ ਹੈ ਜਿਵੇਂ ਕਿਸੇ ਨੇ ਕੋਈ ਬਹੁਤ ਹੀ ਖ਼ੂਬਸੂਰਤ ਇਮਾਰਤ ਉਸਾਰੀ ਪਰ ਉਸ ਦੇ ਇਕ ਕੋਣੇ ਵਿਚ ਇਕ ਇੱਟ ਦੀ ਜਗ੍ਹਾ ਛੱਡ ਦਿੱਤੀ ਲੋਕੀ ਇਸ ਦੇ ਆਲੇ-ਦੁਆਲੇ ਘੁੰਮਦੇ ਅਤੇ ਇਸ ਦੀ ਖ਼ੂਬਸੂਰਤੀ ਤੇ ਹੈਰਾਨੀ ਦਾ ਪ੍ਰਗਟਾਵਾ ਕਰਦੇ ਅਤੇ ਆਖਦੇ ਕਿ ਕਾਸ਼ ਇਸ ਥਾਂ ਵੀ ਇੱਟ ਲੱਗ ਜਾਂਦੀ ਫ਼ਰਮਾਇਆ ਕਿ ਉਹ ਇੱਟ ਮੈਂ ਹਾਂ ਅਤੇ ਮੈਂ ਸਾਰੇ ਨਬੀਆਂ ਦੇ ਅਖ਼ੀਰ ਵਿੱਚੋਂ ਹਾਂ। (ਸਹੀ ਬੁਖ਼ਾਰੀ, ਹਦੀਸ: 3535)

وَإِذْ قَالَ مُوسَىٰ لِقَوْمِهِ يَا قَوْمِ اذْكُرُوا نِعْمَةَ
اللَّهِ عَلَيْكُمْ إِذْ جَعَلَ فِيكُمْ أَنبِيَاءَ وَجَعَلَكُم مُّلُوكًا
وَآتَاكُم مَّا لَمْ يُؤْتِ أَحَدًا مِّنَ الْعَالَمِينَ ٢٠

20. ਯਾਦ ਕਰੋ ਜਦੋਂ ਮੂਸਾ ਨੇ ਆਪਣੀ ਕੌਮ ਨੂੰ ਆਖਿਆ ਸੀ ਕਿ ਹੇ ਮੇਰੀ ਕੌਮ। ਅੱਲਾਹ ਦੇ ਉਸ ਅਹਿਸਾਨ ਨੂੰ ਯਾਦ ਕਰੋ, ਜਿਹੜਾ ਉਸ ਨੇ ਤੁਹਾਡੇ ਉੱਤੇ ਕੀਤਾ ਹੈ, ਜਦੋਂ ਕਿ ਉਸ ਨੇ ਤੁਹਾਡੇ ਵਿੱਚੋਂ ਪੈਗ਼ੰਬਰ ਬਣਾਏ, ਤੁਹਾਨੂੰ ਹਕੂਮਤਾਂ ਵੀ ਬਖ਼ਸ਼ੀਆਂ ਅਤੇ ਤੁਹਾਨੂੰ ਉਹ ਕੁੱਝ ਦਿੱਤਾ ਜੋ ਸੰਸਾਰ ਵਿਚ ਹੋਰ ਕਿਸੇ ਨੂੰ ਨਹੀਂ ਸੀ ਦਿੱਤਾ।

يَا قَوْمِ ادْخُلُوا الْأَرْضَ الْمُقَدَّسَةَ الَّتِي كَتَبَ اللَّهُ
لَكُمْ وَلَا تَرْتَدُّوا عَلَىٰ أَدْبَارِكُمْ فَتَنقَلِبُوا خَاسِرِينَ ٢١

21 ਹੇ ਮੇਰੀ ਕੌਮ। ਇਸ ਪਵਿੱਤਰ ਧਰਤੀ (ਫ਼ਲਸਤੀਨ) ਵਿਚ ਦਾਖ਼ਲ ਹੋ ਜਾਓ ਜਿਹੜੀ ਅੱਲਾਹ ਨੇ ਤੁਹਾਡੇ ਨਾਂ ਲਿਖ ਛੱਡੀ ਹੈ। ਤੁਸੀਂ (ਜਿਹਾਦ ਤੋਂ) ਪਿਠ ਨਾ ਫੇਰ ਲੈਣ, (ਨਹੀਂ ਤਾਂ) ਤੁਸੀਂ ਘਾਟੇ ਵਿਚ ਰਹੋਗੇ।

قَالُوا يَا مُوسَىٰ إِنَّ فِيهَا قَوْمًا جَبَّارِينَ وَإِنَّا لَن
نَّدْخُلَهَا حَتَّىٰ يَخْرُجُوا مِنْهَا فَإِن يَخْرُجُوا
مِنْهَا فَإِنَّا دَاخِلُونَ ٢٢

22. ਉਹਨਾਂ ਨੇ ਜਵਾਬ ਦਿੱਤਾ ਕਿ ਹੇ ਮੂਸਾ! ਉੱਥੇ ਤਾਂ ਵਧੇਰੇ ਹੀ ਸ਼ਕਤੀਸ਼ਾਲੀ ਲੋਕ ਰਹਿੰਦੇ ਹਨ ਉਹ ਜਦੋਂ ਤਕ ਉੱਥੋਂ ਨਿਕਲ ਨਹੀਂ ਜਾਂਦੇ, ਅਸੀਂ ਉੱਥੇ ਉੱਕਾ ਹੀ ਨਹੀਂ ਜਾਵਾਂਗੇ, ਹਾਂ! ਜੇ ਉਹ ਉੱਥੋਂ ਨਿਕਲ ਜਾਣ ਫੇਰ ਅਸੀਂ (ਖ਼ੁਸ਼ੀ ਨਾਲ) ਦਾਖ਼ਲ ਹੋਵਾਂਗੇ।

قَالَ رَجُلَانِ مِنَ الَّذِينَ يَخَافُونَ أَنْعَمَ اللَّهُ
عَلَيْهِمَا ادْخُلُوا عَلَيْهِمُ الْبَابَ فَإِذَا دَخَلْتُمُوهُ
فَإِنَّكُمْ غَالِبُونَ ۚ وَعَلَى اللَّهِ فَتَوَكَّلُوا إِن
كُنتُم مُّؤْمِنِينَ ٢٣

23 ਉਹਨਾਂ ਵਿੱਚੋਂ ਦੋ ਵਿਅਕਤੀ, ਜੋ ਰੱਬ ਤੋਂ ਡਰਣ ਵਾਲਿਆਂ ਵਿੱਚੋਂ ਸਨ ਅਤੇ ਜਿਨ੍ਹਾਂ ਉੱਤੇ ਰੱਬ ਦੀ ਮਿਹਰ ਸੀ, ਉਹ ਬੋਲੇ, ਤੁਸੀਂ ਉਹਨਾਂ ਦੇ ਮੁਕਾਬਲੇ ਲਈ ਬੂਹੇ ਤਕ ਤਾਂ ਪਹੁੰਚੋ, ਜਦੋਂ ਤੁਸੀਂ ਬੂਹੇ ਵਿਚ ਦਾਖ਼ਲ ਹੋਵੋਗੇ ਤਾਂ ਲਾਜ਼ਮਨ ਤੁਸੀਂ ਹੀ ਭਾਰੂ ਰਹੋਗੇ। ਜੇ ਤੁਸੀਂ ਸੱਚੇ ਮੋਮਿਨ ਹੋ ਤਾਂ ਤੁਹਾਨੂੰ ਅੱਲਾਹ ਉੱਤੇ ਹੀ ਭਰੋਸਾ ਕਰਨਾ ਚਾਹੀਦਾ ਹੈ।

قَالُوا يَا مُوسَىٰ إِنَّا لَن نَّدْخُلَهَا أَبَدًا مَّا دَامُوا
فِيهَا فَاذْهَبْ أَنتَ وَرَبُّكَ فَقَاتِلَا إِنَّا هَاهُنَا
قَاعِدُونَ ٢٤

24 ਉਹ ਆਖਣ ਲੱਗੇ ਕਿ ਹੇ ਮੂਸਾ! ਜਦੋਂ ਤਕ ਉਹ ਉੱਥੇ ਹਨ ਉਦੋਂ ਤਕ ਅਸੀਂ ਉਸ ਧਰਤੀ ਵਿਚ ਨਹੀਂ ਦਾਖ਼ਲ ਹੋਵਾਂਗੇ, ਸੋ ਤੂੰ ਤੇ ਤੇਰਾ ਰੱਬ, ਦੋਵੇਂ

ਹੀ ਜਾਓ ਤੇ ਉਹਨਾਂ ਨਾਲ ਲੜੋ, ਅਸੀਂ ਤਾਂ ਇੱਥੇ ਹੀ ਬੈਠੇ ਹਾਂ।

25 ਮੂਸਾ ਨੇ ਆਖਿਆ ਕਿ ਹੇ ਰੱਬਾ! ਮੈਨੂੰ ਤਾਂ ਛੁੱਟ ਆਪਣੇ ਆਪ ਤੋਂ ਅਤੇ ਆਪਣੇ ਭਰਾ (ਹਾਰੂਨ) ਤੋਂ ਹੋਰ ਕਿਸੇ 'ਤੇ ਕੋਈ ਜ਼ੋਰ ਨਹੀਂ, ਸੋ ਤੂੰ ਸਾਨੂੰ ਇਸ ਅਵੱਗਿਆਕਾਰੀ ਕੌਮ ਤੋਂ ਅੱਡ ਕਰਦੇ।

قَالَ رَبِّ إِنِّي لَا أَمْلِكُ إِلَّا نَفْسِي وَأَخِي فَافْرُقْ بَيْنَنَا وَبَيْنَ الْقَوْمِ الْفَاسِقِينَ ﴿25﴾

26. ਅੱਲਾਹ ਨੇ ਫ਼ਰਮਾਇਆ ਕਿ ਹੁਣ ਇਹਨਾਂ ਲਈ ਇਹ ਪਵਿੱਤਰ ਧਰਤੀ ਚਾਲੀ ਸਾਲਾਂ ਤੀਕ ਹਰਾਮ ਕਰ ਦਿੱਤੀ ਗਈ। ਹੁਣ ਇਹ ਇੱਧਰ-ਉੱਧਰ ਭਟਕੇ ਹੋਏ ਫਿਰਦੇ ਰਹਿਣਗੇ ਸੋ ਤੁਸੀਂ ਇਹਨਾਂ ਨਾ ਫ਼ਰਮਾਨ ਲੋਕਾਂ ਦੀ ਚਿੰਤਾ ਨਾ ਕਰੋ।

قَالَ فَإِنَّهَا مُحَرَّمَةٌ عَلَيْهِمْ أَرْبَعِينَ سَنَةً يَتِيهُونَ فِي الْأَرْضِ فَلَا تَأْسَ عَلَى الْقَوْمِ الْفَاسِقِينَ ﴿26﴾

27. (ਹੇ ਨਬੀ!) ਤੁਸੀਂ ਇਹਨਾਂ (ਨਾ-ਫ਼ਰਮਾਨਾਂ) ਨੂੰ ਆਦਮ ਦੇ ਪੁੱਤਰਾਂ (ਹਾਬੀਲ ਤੇ ਕਾਬੀਲ) ਦਾ ਕਿੱਸਾ ਵੀ ਠੀਕ-ਠੀਕ ਸੁਣਾ ਦਿਓ। ਜਦੋਂ ਉਹਨਾਂ ਦੋਵਾਂ ਨੇ (ਰੱਬ ਦੇ ਹਜ਼ੂਰ) ਇਕ ਕੁਰਬਾਨੀ ਪੇਸ਼ ਕੀਤੀ ਤਾਂ ਇਹਨਾਂ ਵਿੱਚੋਂ ਇਕ (ਹਾਬੀਲ) ਦੀ ਕੁਰਬਾਨੀ ਕਬੂਲ ਹੋ ਗਈ ਅਤੇ ਦੂਜੇ (ਕਾਬੀਲ) ਦੀ ਕਬੂਲ ਨਾ ਹੋਈ ਤਾਂ ਉਹ (ਈਰਖਾ ਵਿਚ ਆ ਕੇ) ਕਹਿਣ ਲੱਗਾ ਕਿ ਮੈਂ ਤਾਂ ਤੈਨੂੰ ਮਾਰ ਦੇਵਾਂਗਾ[1] ਤਾਂ ਉਸ ਨੇ (ਜਿਸ ਦੀ ਕੁਰਬਾਨੀ ਕਬੂਲ ਹੋਈ ਸੀ) ਕਿਹਾ ਕਿ ਅੱਲਾਹ ਤਾਂ ਉਸ ਤੋਂ ਡਰਨ ਵਾਲਿਆਂ ਦੀ ਹੀ ਕੁਰਬਾਨੀ ਕਬੂਲ ਕਰਦਾ ਹੈ।

وَاتْلُ عَلَيْهِمْ نَبَأَ ابْنَيْ آدَمَ بِالْحَقِّ إِذْ قَرَّبَا قُرْبَانًا فَتُقُبِّلَ مِنْ أَحَدِهِمَا وَلَمْ يُتَقَبَّلْ مِنَ الْآخَرِ قَالَ لَأَقْتُلَنَّكَ قَالَ إِنَّمَا يَتَقَبَّلُ اللَّهُ مِنَ الْمُتَّقِينَ ﴿27﴾

---

[1] ਨਾ-ਹੱਕਾ ਕਤਲ ਦੇ ਸੰਬੰਧ ਵਿਚ ਅੱਲਾਹ ਦੇ ਰਸੂਲ (ਸ:) ਦਾ ਫ਼ਰਮਾਨ ਹੈ ਕਿ ਜਦੋਂ ਵੀ ਸੰਸਾਰ ਵਿਚ ਕਿਸੇ ਨੂੰ ਨਾ-ਹੱਕਾ ਕਤਲ ਕੀਤਾ ਜਾਂਦਾ ਹੈ ਤਾਂ ਉਸ ਦੇ ਕਤਲ ਕਰਨ ਦੇ ਗੁਨਾਹ ਦਾ ਇਕ ਹਿੱਸਾ ਹਜ਼ਰਤ ਆਦਮ ਦੇ ਪੁੱਤਰ ਕਾਬੀਲ ਨੂੰ ਜਾਂਦਾ ਹੈ ਕਿਉਂ ਕਿ ਪਹਿਲਾ ਨਾ-ਹੱਕਾ ਕਤਲ ਕਰਨ ਦੀ ਰਸਮ ਉਸੇ ਤੋਂ ਸ਼ੁਰੂ ਹੋਈ ਸੀ। (ਸਹੀ ਬੁਖ਼ਾਰੀ, ਹਦੀਸ: 3335)

• ਦੂਜੀ ਹਦੀਸ ਵਿਚ ਫ਼ਰਮਾਇਆ ਕਿ ਮੇਰੇ ਬਾਅਦ ਤੁਸੀਂ ਇਕ ਦੂਜੇ ਨੂੰ ਨਾ-ਹੱਕਾ ਕਤਲ ਕਰਕੇ ਕਾਫ਼ਿਰ ਨਾ ਬਣ ਜਾਣਾ। (ਸਹੀ ਬੁਖ਼ਾਰੀ, ਹਦੀਸ: 6868)

28. ਜੇ ਤੂੰ ਮੈਨੂੰ ਕਤਲ ਕਰਨ ਦੇ ਇਰਾਦੇ ਨਾਲ ਮੇਰੇ ਉੱਤੇ ਹੱਥ ਚੁੱਕੇਗਾ ਮੈਂ ਫੇਰ ਵੀ ਤੈਨੂੰ ਕਤਲ ਕਰਨ ਲਈ ਆਪਣਾ ਹੱਥ ਨਹੀਂ ਚੁੱਕਾਂਗਾ। ਬੇਸ਼ੱਕ ਮੈਂ ਤਾਂ ਅੱਲਾਹ ਤੋਂ, ਜੋ ਸਾਰੇ ਸੰਸਾਰ ਦਾ ਪਾਲਣਹਾਰ ਹੈ, ਡਰਦਾ ਹਾਂ।

لَئِنْ بَسَطْتَ إِلَيَّ يَدَكَ لِتَقْتُلَنِي مَا أَنَا
بِبَاسِطٍ يَدِيَ إِلَيْكَ لِأَقْتُلَكَ ۖ إِنِّي أَخَافُ
اللَّهَ رَبَّ الْعَالَمِينَ (28)

29. ਮੈਂ ਚਾਹੁੰਦਾ ਹਾਂ ਕਿ ਤੂੰ ਮੇਰਾ ਗੁਨਾਹ ਅਤੇ ਆਪਣਾ ਗੁਨਾਹ, ਦੋਵੇਂ ਆਪਣੇ ਸਿਰ ਲੈ ਲਵੇਂ ਅਤੇ ਨਰਕੀਆਂ ਵਿਚ ਜਾ ਰਲੇਂ। ਜ਼ਾਲਮਾਂ ਦਾ ਇਹੋ ਬਦਲਾ ਹੈ।

إِنِّي أُرِيدُ أَنْ تَبُوءَ بِإِثْمِي وَإِثْمِكَ فَتَكُونَ مِنْ
أَصْحَابِ النَّارِ ۚ وَذَٰلِكَ جَزَاءُ الظَّالِمِينَ (29)

30. ਫਿਰ ਉਸ ਦੇ ਜੀ ਨੇ ਉਸ ਨੂੰ ਆਪਣੇ ਭਰਾ ਨੂੰ ਕਤਲ ਕਰਨ ਲਈ ਤਿਆਰ ਕਰ ਲਿਆ, ਸੋ ਉਸ ਨੇ ਕਤਲ ਕਰ ਦਿੱਤਾ, ਜਿਸ ਨਾਲ ਉਹ ਘਾਟਾ ਉਠਾਉਣ ਵਾਲਿਆਂ ਵਿਚ ਜਾ ਰਲਿਆ।

فَطَوَّعَتْ لَهُ نَفْسُهُ قَتْلَ أَخِيهِ فَقَتَلَهُ
فَأَصْبَحَ مِنَ الْخَاسِرِينَ (30)

31. (ਜਦੋਂ ਉਸ ਨੂੰ ਲਾਸ਼ ਦੀ ਚਿੰਤਾ ਹੋਈ) ਫੇਰ ਅੱਲਾਹ ਨੇ ਉੱਥੇ ਇਕ ਕਾਂ ਭੇਜਿਆ, ਜੋ ਆਪਣੇ ਪੰਜਿਆਂ ਨਾਲ ਧਰਤੀ ਨੂੰ ਪੁੱਟ ਰਿਹਾ ਸੀ, ਤਾਂ ਜੋ ਉਸ ਨੂੰ ਵਿਖਾਏ ਕਿ ਉਹ ਆਪਣੇ ਭਰਾ ਦੀ ਲੋਥ (ਲਾਸ਼) ਨੂੰ ਕਿਵੇਂ ਲੁਕਾਵੇ। ਫੇਰ ਉਹ (ਕਾਬੀਲ) ਕਹਿਣ ਲੱਗਿਆ ਕਿ ਅਫ਼ਸੋਸ ਮੈਂ ਤਾਂ ਇਸ ਕਾਂ ਵਰਗਾ ਵੀ ਨਾ ਹੋ ਸਕਿਆ ਕਿ ਆਪਣੇ ਭਰਾ ਦੀ ਲੋਥ ਨੂੰ ਦਫ਼ਨਾ ਦਿੰਦਾ। ਸੋ ਉਹ ਪਛਤਾਉਣ ਵਾਲਿਆਂ ਵਿਚੋਂ ਹੋ ਗਿਆ।

فَبَعَثَ اللَّهُ غُرَابًا يَبْحَثُ فِي الْأَرْضِ لِيُرِيَهُ
كَيْفَ يُوَارِي سَوْءَةَ أَخِيهِ ۚ قَالَ يَا وَيْلَتَا أَعَجَزْتُ
أَنْ أَكُونَ مِثْلَ هَٰذَا الْغُرَابِ فَأُوَارِيَ سَوْءَةَ
أَخِي ۖ فَأَصْبَحَ مِنَ النَّادِمِينَ (31)

32. ਇਸੇ ਕਾਰਨ ਅਸੀਂ, ਇਸਰਾਈਲੀਆਂ ਲਈ ਲਿਖਤ ਜਾਰੀ ਕਰ ਦਿੱਤੀ ਸੀ ਕਿ ਜਿਹੜਾ ਵਿਅਕਤੀ ਕਿਸੇ ਨੂੰ ਕਤਲ ਕਰੇਗਾ, ਬਿਨਾਂ ਇਸ ਗੱਲ ਤੋਂ ਕਿ ਉਸ ਨੇ ਕਿਸੇ ਦਾ ਕਤਲ ਕੀਤਾ ਹੋਵੇ ਜਾਂ ਧਰਤੀ ਉੱਤੇ ਫ਼ਿਤਨਾ ਫ਼ਸਾਦ ਫ਼ੈਲਾਉਣ ਵਾਲਾ ਹੋਵੇ ਤਾਂ ਇੰਜ ਸਮਝੋ ਕਿ ਉਸ ਨੇ ਸਾਰੇ ਹੀ ਲੋਕਾਂ ਨੂੰ (ਭਾਵ ਮਨੁੱਖਤਾ ਨੂੰ) ਹੀ ਕਤਲ ਕਰ

مِنْ أَجْلِ ذَٰلِكَ كَتَبْنَا عَلَىٰ بَنِي إِسْرَائِيلَ
أَنَّهُ مَنْ قَتَلَ نَفْسًا بِغَيْرِ نَفْسٍ أَوْ فَسَادٍ
فِي الْأَرْضِ فَكَأَنَّمَا قَتَلَ النَّاسَ جَمِيعًا
وَمَنْ أَحْيَاهَا فَكَأَنَّمَا أَحْيَا النَّاسَ جَمِيعًا ۚ
وَلَقَدْ جَاءَتْهُمْ رُسُلُنَا بِالْبَيِّنَاتِ ثُمَّ إِنَّ كَثِيرًا
مِنْهُمْ بَعْدَ ذَٰلِكَ فِي الْأَرْضِ لَمُسْرِفُونَ (32)

ਦਿੱਤਾ ਹੋਵੇ[1] ਅਤੇ ਜਿਹੜਾ ਵਿਅਕਤੀ ਕਿਸੇ ਦੀ ਜਾਨ (ਨੂੰ ਅਨ ਹੱਕਾ ਕਤਲ ਹੋਣ ਤੋਂ) ਬਚਾ ਲਵੇ, ਇੰਜ ਸਮਝੋ ਕਿ ਉਸ ਨੇ ਸਾਰੇ ਹੀ ਲੋਕਾਂ ਦੀ ਜਾਨ ਬਚਾਈ ਹੈ। ਇਹਨਾਂ ਕੋਲ ਸਾਡੇ ਬਹੁਤ ਸਾਰੇ ਪੈਗ਼ੰਬਰ ਸਪਸ਼ਟ ਦਲੀਲਾਂ ਲੈ ਕੇ ਆਏ, ਪ੍ਰੰਤੂ ਫੇਰ ਵੀ ਵਧੇਰੇ ਲੋਕ ਧਰਤੀ ਉੱਤੇ ਅਜਿਹੇ ਹਨ, ਜਿਹੜੇ ਹੱਦੋਂ ਨਿਕਲ ਜਾਂਦੇ ਹਨ।

33. ਜਿਹੜੇ ਲੋਕ ਅੱਲਾਹ ਅਤੇ ਉਸ ਦੇ ਰਸੂਲ ਨਾਲ ਜੰਗ ਕਰਦੇ ਹਨ (ਭਾਵ ਆਦੇਸ਼ਾਂ ਦੇ ਇਨਕਾਰੀ ਹਨ) ਅਤੇ ਧਰਤੀ ਉੱਤੇ ਵਿਗਾੜ ਪੈਦਾ ਕਰਦੇ ਹਨ, ਉਹਨਾਂ ਦੀ ਸਜ਼ਾ ਇਹੋ ਹੈ ਕਿ ਉਹਨਾਂ ਨੂੰ ਕਤਲ ਕਰ ਦਿੱਤਾ ਜਾਵੇ ਜਾਂ ਫ਼ਾਂਸੀ ਦੇ ਦਿੱਤੀ ਜਾਵੇ ਜਾਂ ਵਿਰੋਧੀ ਦਿਸ਼ਾਵਾਂ ਤੋਂ ਉਹਨਾਂ ਦੇ ਹੱਥ ਪੈਰ ਵੱਢ ਸੁੱਟੇ ਜਾਣ ਜਾਂ ਉਹਨਾਂ ਨੂੰ ਦੇਸ਼-ਨਿਕਾਲਾ ਦੇ ਦਿੱਤਾ ਜਾਵੇ, ਇਹ ਤਾਂ ਉਹਨਾਂ ਦੀ ਸੰਸਾਰਿਕ ਰੁਸਵਾਈ ਹੈ ਪ੍ਰੰਤੂ ਆਖ਼ਿਰਤ ਵਿਚ ਉਹਨਾਂ ਲਈ ਬਹੁਤ ਵੱਡੀ (ਨਰਕ ਦੀ) ਸਜ਼ਾ ਹੈ।

إِنَّمَا جَزَٰٓؤُاْ ٱلَّذِينَ يُحَارِبُونَ ٱللَّهَ وَرَسُولَهُۥ
وَيَسۡعَوۡنَ فِي ٱلۡأَرۡضِ فَسَادًا أَن يُقَتَّلُوٓاْ أَوۡ
يُصَلَّبُوٓاْ أَوۡ تُقَطَّعَ أَيۡدِيهِمۡ وَأَرۡجُلُهُم مِّنۡ
خِلَٰفٍ أَوۡ يُنفَوۡاْ مِنَ ٱلۡأَرۡضِۚ ذَٰلِكَ لَهُمۡ خِزۡيٞ
فِي ٱلدُّنۡيَاۖ وَلَهُمۡ فِي ٱلۡأٓخِرَةِ عَذَابٌ عَظِيمٌ ٣٣

34. ਪਰ ਹਾਂ! ਜਿਹੜੇ ਲੋਕ ਤੁਹਾਡੇ ਕਾਬੂ ਪਾਉਣ ਤੋਂ ਪਹਿਲਾਂ ਪਹਿਲਾਂ ਤੌਬਾ ਕਰ ਲੈਣ, ਉਹਨਾਂ ਨੂੰ ਖਿਮਾ ਕਰ ਦਿਓ। ਤੁਸੀਂ ਭਰੋਸਾ ਰੱਖੋ ਕਿ ਅੱਲਾਹ ਬਹੁਤ ਵੱਡਾ ਬਖ਼ਸ਼ਣਹਾਰ ਤੇ ਅਤਿਅੰਤ ਰਹਿਮ ਕਰਨ ਵਾਲਾ ਹੈ।

إِلَّا ٱلَّذِينَ تَابُواْ مِن قَبۡلِ أَن تَقۡدِرُواْ عَلَيۡهِمۡۖ
فَٱعۡلَمُوٓاْ أَنَّ ٱللَّهَ غَفُورٞ رَّحِيمٞ ٣٤

35. ਹੇ ਈਮਾਨ ਵਾਲਿਓ! ਅੱਲਾਹ ਤੋਂ ਡਰਦੇ ਰਹੋ ਅਤੇ ਉਸ ਦੀ ਨੇੜਤਾ ਪ੍ਰਾਪਤ ਕਰਨ ਦੇ ਜਤਨ ਕਰੋ ਅਤੇ ਉਸ ਦੀ ਰਾਹ ਵਿਚ ਜਿਹਾਦ (ਸੰਘਰਸ਼) ਕਰੋ ਤਾਂ ਜੋ ਤੁਹਾਡਾ ਭਲਾ ਹੋ ਸਕੇ

يَٰٓأَيُّهَا ٱلَّذِينَ ءَامَنُواْ ٱتَّقُواْ ٱللَّهَ وَٱبۡتَغُوٓاْ إِلَيۡهِ
ٱلۡوَسِيلَةَ وَجَٰهِدُواْ فِي سَبِيلِهِۦ لَعَلَّكُمۡ
تُفۡلِحُونَ ٣٥

[1] ਗੁਨਾਹੇ ਕਬੀਰਾ (ਮਹਾਂ ਪਾਪ) ਦੇ ਬਾਰੇ ਨਬੀ ਕਰੀਮ (ਸ:) ਨੇ ਫ਼ਰਮਾਇਆ ਕਿ ਉਹ ਇਹ ਹਨ, ਅੱਲਾਹ ਦਾ ਸ਼ਰੀਕ ਬਣਾਉਣਾ, ਕਿਸੇ ਨੂੰ ਨਾ-ਹੱਕਾ ਕਤਲ ਕਰਨਾ, ਮਾਪਿਆਂ ਦੀ ਨਾ-ਫ਼ਰਮਾਨੀ ਕਰਨਾ, ਝੂਠ ਬੋਲਣਾ, ਜਾਂ ਝੂਠੀ ਗਵਾਹੀ ਦੇਣਾ। (ਸਹੀ ਬੁਖ਼ਾਰੀ, ਹਦੀਸ: 6871)

36. ਬੇਸ਼ੱਕ ਜਿਹਨਾਂ ਲੋਕਾਂ ਨੇ (ਰੱਬ ਦੇ ਇਕ ਹੋਣ ਦਾ) ਇਨਕਾਰ ਕੀਤਾ ਹੈ ਜੇ ਉਹਨਾਂ ਕੋਲ ਉਹ ਸਭ ਕੁੱਝ ਹੋਵੇ ਜਿਹੜਾ ਧਰਤੀ ਉੱਤੇ ਹੈ ਅਤੇ ਇਨਾ ਹੀ ਹੋਰ ਹੋਵੇ ਤਾਂ ਵੀ (ਉਹਨਾਂ ਦੀ ਸਜ਼ਾ ਦੇ ਬਦਲੇ ਵਿਚ) ਕਬੂਲਿਆ ਨਹੀਂ ਜਾਵੇਗਾ। ਉਹਨਾਂ ਲਈ ਤਾਂ ਬਹੁਤ ਹੀ ਕਰੜਾ ਅਜ਼ਾਬ ਹੈ।

إِنَّ الَّذِينَ كَفَرُوا لَوْ أَنَّ لَهُم مَّا فِي الْأَرْضِ جَمِيعًا وَمِثْلَهُ مَعَهُ لِيَفْتَدُوا بِهِ مِنْ عَذَابِ يَوْمِ الْقِيَامَةِ مَا تُقُبِّلَ مِنْهُمْ ۖ وَلَهُمْ عَذَابٌ أَلِيمٌ ٣٦

37. ਉਹ ਨਰਕ ਦੀ ਅੱਗ ਵਿੱਚੋਂ ਨਿਕਲਣਾ ਚਾਹੁੰਣਗੇ, ਪ੍ਰੰਤੂ ਉਸ ਵਿੱਚੋਂ ਕਦੇ ਵੀ ਨਿਕਲ ਨਹੀਂ ਸਕਣਗੇ। ਉਹਨਾਂ ਲਈ ਤਾਂ ਸਦੀਵੀ ਅਜ਼ਾਬ ਹੈ।

يُرِيدُونَ أَن يَخْرُجُوا مِنَ النَّارِ وَمَا هُم بِخَارِجِينَ مِنْهَا ۖ وَلَهُمْ عَذَابٌ مُّقِيمٌ ٣٧

38 ਤੁਸੀਂ ਚੋਰੀ ਕਰਨ ਵਾਲੇ ਪੁਰਸ਼ ਤੇ ਚੋਰੀ ਕਰਨ ਵਾਲੀ ਇਸਤਰੀ ਦਾ ਹੱਥ ਵੱਢ ਦਿਓ। ਇਹ ਅੱਲਾਹ ਵੱਲੋਂ ਉਸ ਅਪਰਾਧ ਦੀ ਸਿੱਖਿਆਦਾਇਕ ਸਜ਼ਾ ਹੈ, ਜਿਹੜਾ ਉਹਨਾਂ ਨੇ ਕੀਤਾ ਹੈ। ਅੱਲਾਹ ਜ਼ੋਰਾਵਰ ਤੇ ਦਾਨਾਈ ਵਾਲਾ ਹੈ।

وَالسَّارِقُ وَالسَّارِقَةُ فَاقْطَعُوا أَيْدِيَهُمَا جَزَاءً بِمَا كَسَبَا نَكَالًا مِّنَ اللَّهِ ۗ وَاللَّهُ عَزِيزٌ حَكِيمٌ ٣٨

39 ਫੇਰ ਜਿਹੜਾ ਵਿਅਕਤੀ ਅਪਰਾਧ ਕਰਨ ਮਗਰੋਂ ਤੌਬਾ ਕਰ ਲਵੇ ਅਤੇ ਆਪਣੇ ਆਪ ਨੂੰ ਸੁਆਰ ਲਵੇ ਤਾਂ ਅੱਲਾਹ ਉਸ ਦੀ ਤੌਬਾ ਸਵੀਕਾਰ ਕਰਦਾ ਹੈ। ਅੱਲਾਹ ਵੱਡਾ ਹੀ ਬਖ਼ਸ਼ਣਹਾਰ ਅਤੇ ਰਹਿਮ ਕਰਨ ਵਾਲਾ ਹੈ।

فَمَن تَابَ مِن بَعْدِ ظُلْمِهِ وَأَصْلَحَ فَإِنَّ اللَّهَ يَتُوبُ عَلَيْهِ ۗ إِنَّ اللَّهَ غَفُورٌ رَّحِيمٌ ٣٩

40. ਕੀ ਤੁਸੀਂ ਨਹੀਂ ਜਾਣਦੇ ਕਿ ਧਰਤੀ ਅਤੇ ਅਕਾਸ਼ ਦੀ ਪਾਤਸ਼ਾਹੀ ਕੇਵਲ ਅੱਲਾਹ ਲਈ ਹੀ ਹੈ, ਉਹ ਜਿਸ ਨੂੰ ਚਾਹੇ (ਮਾੜੇ ਕੰਮਾਂ ਦੀ) ਸਜ਼ਾ ਦੇਵੇ ਅਤੇ ਜਿਸ ਨੂੰ ਚਾਹੇ ਮੁਆਫ਼ ਕਰ ਦੇਵੇ। ਅੱਲਾਹ ਹਰ ਤਰ੍ਹਾਂ ਦੀ ਕੁਦਰਤ ਰੱਖਦਾ ਹੈ।

أَلَمْ تَعْلَمْ أَنَّ اللَّهَ لَهُ مُلْكُ السَّمَاوَاتِ وَالْأَرْضِ يُعَذِّبُ مَن يَشَاءُ وَيَغْفِرُ لِمَن يَشَاءُ ۗ وَاللَّهُ عَلَىٰ كُلِّ شَيْءٍ قَدِيرٌ ٤٠

41 ਹੇ ਰਸੂਲ! ਤੁਸੀਂ ਉਹਨਾਂ ਲੋਕਾਂ ਲਈ ਦੁਖੀ ਨਾ ਹੋਵੋ, ਜਿਹੜੇ ਇਨਕਾਰ ਕਰਨ ਵਿਚ ਕਾਹਲੀ ਕਰਦੇ ਹਨ, ਇਹਨਾਂ (ਯਹੂਦੀਆਂ) ਵਿੱਚੋਂ ਕੁੱਝ ਤਾਂ ਉਹ ਲੋਕ ਹਨ, ਜਿਹੜੇ ਆਪਣੇ ਮੂੰਹੋਂ ਆਖਦੇ ਹਨ ਕਿ ਅਸੀਂ ਈਮਾਨ ਲਿਆਏ ਹਾਂ, ਜਦ ਕਿ ਉਹ ਦਿਲੋਂ ਈਮਾਨ ਨਹੀਂ ਲਿਆਏ। ਉਹਨਾਂ ਲੋਕਾਂ ਵਿੱਚੋਂ ਹੀ ਕੁੱਝ ਯਹੂਦੀ ਹਨ, ਉਹ ਝੂਠੀਆਂ ਗੱਲਾਂ ਸੁਣਨ ਦੇ ਆਦੀ ਹਨ ਤੇ ਦੂਜੀ ਕੌਮ ਦੀ ਕੰਨਸੋਈ ਕਰਨ ਵਾਲੇ ਹਨ। ਉਹ ਅਜਿਹੇ ਤੁਹਾਡੇ ਕੋਲ (ਤਾਬੇਦਾਰੀ ਲਈ) ਨਹੀਂ ਆਏ। ਉਹ (ਤੌਰੈਤ ਦੇ) ਸ਼ਬਦਾਂ ਦੇ ਠੀਕ ਅਰਥ ਸਿੱਧ ਹੋਣ ਮਗਰੋਂ ਉਹਨਾਂ ਨੂੰ ਬਦਲ ਦਿੰਦੇ ਹਨ, ਉਹ ਲੋਕਾਂ ਨੂੰ ਆਖਦੇ ਹਨ ਕਿ ਜੇ ਤੁਹਾਨੂੰ (ਮੁਹੰਮਦ ਸ: ਵੱਲੋਂ ਤੌਰੈਤ ਅਨੁਸਾਰ) ਹੁਕਮ ਦਿੱਤਾ ਜਾਵੇ ਤਾਂ ਮੰਨ ਲਵੋ, ਜੇ ਹੁਕਮ ਨਾ ਦਿੱਤਾ ਜਾਵੇ ਤਾਂ ਉਹਨਾਂ ਤੋਂ ਅੱਡ ਰਹੋ (ਹੇ ਨਬੀ!) ਜਿਸ ਨੂੰ ਅੱਲਾਹ ਹੀ ਫ਼ਿਤਨੇ (ਅਜ਼ਮਾਇਸ਼) ਵਿਚ ਪਾ ਦੇਣਾ ਚਾਹਵੇ ਤਾਂ ਤੁਹਾਨੂੰ ਇਸ ਸੰਬੰਧ ਵਿਚ ਕੁੱਝ ਵੀ ਅਧਿਕਾਰ ਨਹੀਂ (ਕਿ ਉਹ ਈਮਾਨ ਵਾਲੇ ਬਣ ਜਾਣ)। ਜਿਹਨਾਂ ਦੇ ਬਾਰੇ ਅੱਲਾਹ ਨੇ ਹੀ ਨਹੀਂ ਚਾਹਿਆ ਕਿ ਉਹਨਾਂ ਦੇ ਮਨ ਪਾਕ ਹੋਣ, ਉਹਨਾਂ ਲਈ ਸੰਸਾਰ ਵਿਚ ਰੁਸਵਾਈ ਹੈ ਅਤੇ ਆਖ਼ਿਰਤ ਵਿਚ ਵੀ ਉਹਨਾਂ ਲਈ ਕਰੜੀ ਸਜ਼ਾ ਹੈ।

يَٰٓأَيُّهَا ٱلرَّسُولُ لَا يَحْزُنكَ ٱلَّذِينَ يُسَٰرِعُونَ 15
فِى ٱلْكُفْرِ مِنَ ٱلَّذِينَ قَالُوٓا۟ ءَامَنَّا بِأَفْوَٰهِهِمْ
وَلَمْ تُؤْمِن قُلُوبُهُمْ ۛ وَمِنَ ٱلَّذِينَ هَادُوا۟ ۛ
سَمَّٰعُونَ لِلْكَذِبِ سَمَّٰعُونَ لِقَوْمٍ ءَاخَرِينَ
لَمْ يَأْتُوكَ ۖ يُحَرِّفُونَ ٱلْكَلِمَ مِنۢ بَعْدِ
مَوَاضِعِهِۦ ۖ يَقُولُونَ إِنْ أُوتِيتُمْ هَٰذَا فَخُذُوهُ
وَإِن لَّمْ تُؤْتَوْهُ فَٱحْذَرُوا۟ ۚ وَمَن يُرِدِ ٱللَّهُ
فِتْنَتَهُۥ فَلَن تَمْلِكَ لَهُۥ مِنَ ٱللَّهِ شَيْـًٔا ۚ أُو۟لَٰٓئِكَ
ٱلَّذِينَ لَمْ يُرِدِ ٱللَّهُ أَن يُطَهِّرَ قُلُوبَهُمْ ۚ لَهُمْ
فِى ٱلدُّنْيَا خِزْىٌ ۖ وَلَهُمْ فِى ٱلْءَاخِرَةِ عَذَابٌ
عَظِيمٌ ﴿٤١﴾

42. ਇਹ (ਮੁਨਾਫ਼ਿਕ) ਲੋਕ ਝੂਠੀਆਂ ਗੱਲਾਂ ਸੁਣਨ ਵਾਲੇ ਅਤੇ ਹਰਾਮ ਮਾਲ ਖਾਣ ਵਾਲੇ ਹਨ, ਜੇ ਇਹ ਤੁਹਾਡੇ ਕੋਲੋਂ ਆਉਣ ਤਾਂ (ਹੇ ਨਬੀ!) ਤੁਹਾਨੂੰ ਇਹ ਅਧੀਕਾਰ ਹੈ, ਭਾਵੇਂ ਇਹਨਾਂ ਵਿਚਕਾਰ ਫ਼ੈਸਲਾ ਕਰ ਦਿਓ, ਭਾਵੇਂ ਟਾਲ ਦਿਓ। ਜੇਕਰ ਤੁਸੀਂ ਇਹਨਾਂ ਦਾ ਫ਼ੈਸਲਾ ਕਰਨ ਤੋਂ ਨਾ ਕਰ ਦੇਓ ਤਾਂ ਵੀ ਇਹ ਤੁਹਾਨੂੰ ਕੁੱਝ ਵੀ ਹਾਨੀ ਨਹੀਂ ਪਹੁੰਚਾ ਸਕਦੇ, ਜੇ ਤੁਸੀਂ ਫ਼ੈਸਲਾ ਕਰੋ ਤਾਂ ਹੱਕ-ਇਨਸਾਫ਼ ਦੇ ਨਾਲ ਫ਼ੈਸਲਾ ਕਰੋ। ਅੱਲਾਹ ਇਨਸਾਫ਼ ਕਰਨ ਵਾਲਿਆਂ ਨਾਲ ਮੁਹੱਬਤ ਕਰਦਾ ਹੈ।

سَمَّٰعُونَ لِلْكَذِبِ أَكَّٰلُونَ لِلسُّحْتِ ۚ فَإِن
جَآءُوكَ فَٱحْكُم بَيْنَهُمْ أَوْ أَعْرِضْ عَنْهُمْ ۖ
وَإِن تُعْرِضْ عَنْهُمْ فَلَن يَضُرُّوكَ شَيْـًٔا ۖ
وَإِنْ حَكَمْتَ فَٱحْكُم بَيْنَهُم بِٱلْقِسْطِ ۚ
إِنَّ ٱللَّهَ يُحِبُّ ٱلْمُقْسِطِينَ ﴿٤٢﴾

43. ਹੈਰਾਨੀ ਵਾਲੀ ਗੱਲ ਹੈ ਕਿ ਉਹ ਤੁਹਾਥੋਂ ਕਿਵੇਂ ਫ਼ੈਸਲਾ ਕਰਵਾਉਂਦੇ ਹਨ, ਜਦ ਕਿ ਉਹਨਾਂ ਕੋਲ ਤੌਰੇਤ (ਮੌਜੂਦ) ਹੈ, ਜਿਸ ਵਿਚ ਅੱਲਾਹ ਵੱਲੋਂ ਦਿੱਤੇ ਹੁਕਮ ਲਿਖੇ ਹੋਏ ਹਨ ਫੇਰ ਵੀ ਉਹ ਇਹਨਾਂ ਹੁਕਮਾਂ ਤੋਂ ਮੂੰਹ ਮੋੜ ਰਹੇ ਹਨ। ਅਸਲ ਗੱਲ ਹੈ ਕਿ ਇਹ ਈਮਾਨ ਵਾਲੇ ਹੈ ਹੀ ਨਹੀਂ।

وَكَيْفَ يُحَكِّمُونَكَ وَعِندَهُمُ التَّوْرَاةُ فِيهَا
حُكْمُ اللَّهِ ثُمَّ يَتَوَلَّوْنَ مِن بَعْدِ ذَٰلِكَ ۚ
وَمَا أُولَٰئِكَ بِالْمُؤْمِنِينَ ﴿٤٣﴾

44 ਅਸੀਂ ਤੌਰੇਤ ਨਾਜ਼ਿਲ ਕੀਤੀ ਜਿਸ ਵਿਚ ਹਿਦਾਇਤ ਅਤੇ ਨੂਰ ਹੈ ਯਹੂਦੀਆਂ ਵਿੱਚੋਂ ਅੱਲਾਹ ਦੀ ਤਾਬੇਦਾਰੀ ਕਰਨ ਵਾਲੇ ਸਾਰੇ ਹੀ ਰਸੂਲ, ਅੱਲਾਹ ਵਾਲੇ ਅਤੇ ਗਿਆਨੀ ਲੋਕ ਇਸ ਕਿਤਾਬ ਅਨੁਸਾਰ ਹੀ ਫ਼ੈਸਲਾ ਕਰਦੇ ਸਨ। ਇਸੇ ਲਈ ਉਹ ਅੱਲਾਹ ਦੀ ਇਸ ਕਿਤਾਬ ਦੇ ਰਾਖੇ ਬਣਾਏ ਗਏ ਅਤੇ ਉਹ ਸਾਰੇ ਹੀ ਇਸ ਗੱਲ ਦੇ ਗਵਾਹ ਸਨ। ਸੋ (ਹੇ ਯਹੂਦੀਓ!) ਤੁਸੀਂ ਲੋਕਾਂ ਤੋਂ ਨਾ ਡਰੋ ਅਤੇ ਕੇਵਲ ਮੇਰਾ ਡਰ ਹੀ ਦਿਲ ਵਿਚ ਰੱਖੋ, ਮੇਰੀਆਂ ਆਇਤਾਂ (ਹੁਕਮਾਂ) ਨੂੰ ਥੋੜ੍ਹੇ ਜਿਹੇ ਮੁੱਲ 'ਤੇ ਨਾ ਵੇਚੋ, ਜਿਹੜੇ ਲੋਕੀ ਅੱਲਾਹ ਦੇ ਉਤਾਰੇ ਹੋਏ (ਕਾਨੂੰਨ) ਅਨੁਸਾਰ ਫ਼ੈਸਲਾ ਨਹੀਂ ਕਰਦੇ, ਉਹੀਓ ਕਾਫ਼ਿਰ ਹਨ।[1]

إِنَّا أَنزَلْنَا التَّوْرَاةَ فِيهَا هُدًى وَنُورٌ ۚ
يَحْكُمُ بِهَا النَّبِيُّونَ الَّذِينَ أَسْلَمُوا لِلَّذِينَ
هَادُوا وَالرَّبَّانِيُّونَ وَالْأَحْبَارُ بِمَا اسْتُحْفِظُوا
مِن كِتَابِ اللَّهِ وَكَانُوا عَلَيْهِ شُهَدَاءَ ۚ
فَلَا تَخْشَوُا النَّاسَ وَاخْشَوْنِ وَلَا تَشْتَرُوا
بِآيَاتِي ثَمَنًا قَلِيلًا ۚ وَمَن لَّمْ يَحْكُم بِمَا
أَنزَلَ اللَّهُ فَأُولَٰئِكَ هُمُ الْكَافِرُونَ ﴿٤٤﴾

45. ਅਸੀਂ ਉਹਨਾਂ ਯਹੂਦੀਆਂ ਲਈ ਤੌਰੇਤ ਵਿਚ ਹੁਕਮ ਲਿਖ ਦਿੱਤਾ ਸੀ ਕਿ ਬੇਸ਼ੱਕ ਜਾਨ ਦੇ ਬਦਲੇ ਜਾਨ,[2] ਅੱਖ ਦੇ ਬਦਲੇ ਅੱਖ, ਨੱਕ ਦੇ ਬਦਲੇ ਨੱਕ, ਕੰਨ ਦੇ ਬਦਲੇ ਕੰਨ, ਦੰਦ ਦੇ ਬਦਲੇ ਦੰਦ ਅਤੇ ਸਾਰੇ ਵਿਸ਼ੇਸ਼ ਜ਼ਖ਼ਮਾਂ ਦਾ ਵੀ ਬਰਾਬਰ ਦਾ ਬਦਲਾ

وَكَتَبْنَا عَلَيْهِمْ فِيهَا أَنَّ النَّفْسَ بِالنَّفْسِ وَالْعَيْنَ
بِالْعَيْنِ وَالْأَنفَ بِالْأَنفِ وَالْأُذُنَ بِالْأُذُنِ
وَالسِّنَّ بِالسِّنِّ وَالْجُرُوحَ قِصَاصٌ ۚ فَمَن
تَصَدَّقَ بِهِ فَهُوَ كَفَّارَةٌ لَّهُ ۚ وَمَن لَّمْ يَحْكُم
بِمَا أَنزَلَ اللَّهُ فَأُولَٰئِكَ هُمُ الظَّالِمُونَ ﴿٤٥﴾

---

[1] ਕੁਫ਼ਰ ਦੇ ਦੋ ਦਰਜੇ ਹਨ ਕੁਫ਼ਰੇ ਅਕਬਰ (ਵੱਡਾ ਗੁਨਾਹ) ਤੇ ਕੁਫ਼ਰੇ ਅਸਗ਼ਰ (ਛੋਟਾ ਗੁਨਾਹ) ਕੁਫ਼ਰੇ ਅਕਬਰ ਵਿਚ ਝੁਠਲਾਉਣਾ, ਘਮੰਡ ਕਰਨਾ, ਨਿਫ਼ਾਕ ਆਦਿ ਸ਼ਾਮਲ ਹਨ ਅਤੇ ਕੁਫ਼ਰੇ ਅਸਗ਼ਰ ਤੋਂ ਭਾਵ ਅੱਲਾਹ ਦੀਆਂ ਨਿਆਮਤਾਂ ਦੀ ਨਾ-ਸ਼ੁਕਰੀ ਕਰਨਾ ਹੈ।

[2] ਸ਼ਰੀਅਤ ਦਾ ਹੁਕਮ ਹੈ ਕਿ ਕਸਾਸ ਤੋਂ ਬਿਨਾਂ ਕਿਸੇ ਨੂੰ ਕਤਲ ਨਹੀਂ ਕੀਤਾ ਜਾਣਾ ਚਾਹੀਦਾ। ਨਬੀ ਕਰੀਮ (ਸ:) ਨੇ ਫ਼ਰਮਾਇਆ, ਜਿਹੜਾ ਮੁਸਲਮਾਨ ਇਸ ਗੱਲ ਦੀ ਗਵਾਹੀ ਦਿੰਦਾ ਹੈ ਕਿ ਅੱਲਾਹ ਤੋਂ ਛੁੱਟ ਕੋਈ ਇਸ਼ਟ ਨਹੀਂ ਅਤੇ ਮੈਂ (ਮੁਹੰਮਦ ਸ:) ਅੱਲਾਹ ਦਾ ਰਸੂਲ ਹਾਂ ਤਾਂ ਉਸ ਦਾ ਕਤਲ ਕਰਨਾ ਤਿੰਨ ਹਾਲਤਾਂ ਤੋਂ ਛੁੱਟ ਜਾਇਜ਼ ਨਹੀਂ (1) ਜਾਨ ਦੇ ਬਦਲੇ ਵਿਚ ਜਾਨ (2) ਜੇ ਕੋਈ ਵਿਆਹਤ ਵਿਅਕਤੀ ਜ਼ਨਾਂ ਕਰੇ ਤਾਂ ਉਸ ਨੂੰ ਪੱਥਰਾਂ ਨਾਲ ਮਾਰਿਆ ਜਾਵੇਗਾ (3) ਜੇ ਕੋਈ ਇਸਲਾਮ ਤੋਂ ਫਿਰ ਜਾਵੇ ਅਤੇ ਮੁਸਲਮਾਨਾਂ ਦੀ ਜਮਾਅਤ ਨੂੰ ਛੱਡ ਦੇਵੇ ਤਾਂ ਉਸ ਦੀ ਸਜ਼ਾ ਵੀ ਕਤਲ ਹੀ ਹੈ। (ਸਹੀ ਬੁਖ਼ਾਰੀ, ਹਦੀਸ: 6878)

ਹੈ, ਫੇਰ ਜਿਹੜਾ ਵਿਅਕਤੀ ਮੁਆਫ਼ ਕਰ ਦੇਵੇ (ਬਦਲਾ ਨਾ ਲਵੇ) ਉਸ ਲਈ ਹੀ ਬਦਲੇ ਤੋਂ ਛੁਟਕਾਰਾ ਹੈ ਅਤੇ ਜਿਹੜੇ ਲੋਕ ਅੱਲਾਹ ਵੱਲੋਂ ਨਾਜ਼ਿਲ ਕੀਤੇ ਹੋਏ ਹੁਕਮਾਂ ਅਨੁਸਾਰ ਫ਼ੈਸਲਾ ਨਹੀਂ ਕਰਦੇ, ਉਹੀਓ ਜ਼ਾਲਮ ਹਨ।

46 ਅਤੇ ਅਸੀਂ ਇਹਨਾਂ ਪੈਗੰਬਰਾਂ ਮਗਰੋਂ ਮਰੀਅਮ ਦੇ ਪੁੱਤਰ ਈਸਾ ਨੂੰ ਭੇਜਿਆ[1] ਜਿਹੜਾ ਆਪਣੇ ਤੋਂ ਪਹਿਲਾਂ ਆਈ ਕਿਤਾਬ ਭਾਵ ਤੌਰੈਤ ਦੀ ਪੁਸ਼ਟੀ ਕਰਨ ਵਾਲਾ ਸੀ। ਅਸੀਂ ਉਸ (ਈਸਾ) ਨੂੰ ਇੰਜੀਲ ਦਿੱਤੀ, ਜਿਸ ਵਿਚ (ਸਿੱਧਾ ਰਾਹ ਵੇਖਣ ਲਈ) ਰੌਸ਼ਨੀ ਅਤੇ ਹਿਦਾਇਤ ਸੀ ਅਤੇ ਉਹ ਆਪਣੇ ਤੋਂ ਪਹਿਲਾਂ ਨਾਜ਼ਲ ਹੋਈ ਕਿਤਾਬ (ਤੌਰੈਤ) ਦੀ ਪੁਸ਼ਟੀ ਕਰਨ ਵਾਲੀ ਸੀ ਅਤੇ ਬੁਰਾਈਆਂ ਤੋਂ ਬਚਣ ਵਾਲਿਆਂ ਲਈ ਹਿਦਾਇਤ ਤੇ ਨਸੀਹਤ ਨਾਲ ਭਰੀ ਹੋਈ ਸੀ

وَقَفَّيْنَا عَلَىٰ آثَارِهِم بِعِيسَى ابْنِ مَرْيَمَ
مُصَدِّقًا لِّمَا بَيْنَ يَدَيْهِ مِنَ التَّوْرَاةِ ۖ
وَآتَيْنَاهُ الْإِنجِيلَ فِيهِ هُدًى وَنُورٌ
وَمُصَدِّقًا لِّمَا بَيْنَ يَدَيْهِ مِنَ التَّوْرَاةِ
وَهُدًى وَمَوْعِظَةً لِّلْمُتَّقِينَ ﴿٤٦﴾

47 ਅਤੇ ਇੰਜੀਲ ਵਾਲਿਆਂ ਨੂੰ ਚਾਹੀਦਾ ਹੈ ਕਿ ਅੱਲਾਹ ਨੇ ਜੋ ਵੀ ਇੰਜੀਲ ਵਿਚ ਹੁਕਮ ਨਾਜ਼ਲ ਕੀਤੇ ਹਨ ਉਸ ਦੇ ਅਨੁਸਾਰ ਹੀ ਫ਼ੈਸਲੇ ਕਰਨ ਅਤੇ ਜਿਹੜੇ ਲੋਕ ਅੱਲਾਹ ਵੱਲੋਂ ਨਾਜ਼ਲ ਕੀਤੇ ਹੋਏ ਹੁਕਮਾਂ ਅਨੁਸਾਰ ਫ਼ੈਸਲੇ ਨਹੀਂ ਕਰਦੇ, ਉਹ ਫ਼ਾਸਿਕ (ਉਲੰਘਣਾਕਾਰੀ) ਹਨ।

وَلْيَحْكُمْ أَهْلُ الْإِنجِيلِ بِمَا أَنزَلَ اللَّهُ فِيهِ ۚ
وَمَن لَّمْ يَحْكُم بِمَا أَنزَلَ اللَّهُ فَأُولَٰئِكَ هُمُ
الْفَاسِقُونَ ﴿٤٧﴾

[1] ਹਜ਼ਰਤ ਈਸਾ ਤੋਂ ਬਾਅਦ ਹਜ਼ਰਤ ਮੁਹੰਮਦ (ਸ:) ਨੂੰ ਨਬੀ ਬਣਾਇਆ ਗਿਆ। ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ, ਮੈਂ ਇਬਨੇ ਮਰੀਅਮ ਨਾਲ ਸਭ ਤੋਂ ਵੱਧ ਨੇੜੇ ਦਾ ਸੰਬੰਧ ਰੱਖਦਾ ਹਾਂ ਅਤੇ ਸਾਰੇ ਪੈਗੰਬਰ ਮੇਰੇ ਅਲਾਤੀ ਭਾਈ ਹਨ, ਮੇਰੇ ਅਤੇ ਇਬਨੇ ਮਰੀਅਮ ਵਿਚਾਲੇ ਕੋਈ ਨਬੀ ਨਹੀਂ (ਸਹੀ ਬੁਖ਼ਾਰੀ, ਹਦੀਸ 3442)

◆ ਅਲਾਤੀ ਭਾਈ ਤੋਂ ਭਾਵ ਹੈ ਕਿ ਜਿਨ੍ਹਾਂ ਦਾ ਬਾਪ ਇਕ ਹੋਵੇ ਅਤੇ ਮਾਵਾਂ ਵੱਖ ਵੱਖ ਹੋਣ ਭਾਵ ਕਿ ਸਾਰੇ ਨਬੀਆਂ ਦਾ ਦੀਨ ਇਕ ਹੀ ਸੀ ਪਰ ਤਰੀਕੇ (ਸ਼ਰੀਅਤਾਂ) ਵੱਖ ਵੱਖ ਸੀ ਪਰੰਤੂ ਸ਼ਰੀਅਤੇ ਮੁਹੰਮਦੀਆ ਤੋਂ ਬਾਅਦ ਸਾਰੀਆਂ ਸ਼ਰੀਅਤਾਂ ਰੱਦ ਹੋ ਗਈਆਂ ਅਤੇ ਹੁਣ ਦੀਨ ਵੀ ਇਕ ਹੈ ਅਤੇ ਸ਼ਰੀਅਤ ਵੀ ਇਕ। (ਅਹਸਨੁਲ-ਬਿਆਨ)

48. (ਹੇ ਨਬੀ!) ਅਸੀਂ ਤੁਹਾਡੇ ਉੱਤੇ ਇਹ ਕਿਤਾਬ (ਕੁਰਆਨ) ਸੱਚਾਈ ਅਤੇ ਹੱਕ ਨਾਲ ਨਾਜ਼ਿਲ ਕੀਤੀ ਹੈ, ਇਹ ਉਸ ਕਿਤਾਬ ਦੀ ਪੁਸ਼ਟੀ ਕਰਦੀ ਹੈ, ਜਿਹੜੀ ਇਸ ਤੋਂ ਪਹਿਲਾਂ[1] (ਨਾਜ਼ਿਲ ਹੋਈ) ਸੀ ਅਤੇ ਉਸ ਦੀ ਰਾਖੀ ਕਰਦੀ ਹੈ। ਸੋ ਤੁਸੀਂ ਉਹਨਾਂ (ਯਹੂਦੀ ਅਤੇ ਈਸਾਈਆਂ) ਦੇ ਆਪਸੀ ਝਗੜਿਆਂ ਵਿਚ ਅੱਲਾਹ ਵੱਲੋਂ ਉਤਾਰੀ ਹੋਈ ਕਿਤਾਬ (ਕੁਰਆਨ) ਅਨੁਸਾਰ ਹੀ ਫ਼ੈਸਲੇ ਕਰੋ। ਤੁਸੀਂ ਇਸ ਸੱਚਾਈ (ਕੁਰਆਨ) ਦੀ ਅਣਦੇਖੀ ਕਰਦੇ ਹੋਏ ਉਹਨਾਂ ਦੀਆਂ ਇੱਛਾਵਾਂ ਦੇ ਪਿੱਛੇ ਨਾ ਲੱਗੋ। ਅਸੀਂ ਤੁਹਾਡੇ ਵਿੱਚੋਂ ਹਰੇਕ ਲਈ ਇਕ ਕਾਨੂੰਨ ਅਤੇ ਕੰਮ ਕਰਨ ਦਾ ਇਕ ਢੰਗ ਨਿਯਤ ਕੀਤਾ ਹੈ। ਜੇ ਅੱਲਾਹ ਚਾਹੁੰਦਾ ਤਾਂ ਤੁਹਾਨੂੰ ਸਾਰਿਆਂ ਨੂੰ ਇਕ ਹੀ ਉੱਮਤ ਬਣਾ ਦਿੰਦਾ ਪ੍ਰੰਤੂ ਉਹ ਤਾਂ ਚਾਹੁੰਦਾ ਹੈ ਕਿ ਇਸ ਕਿਤਾਬ ਰਾਹੀਂ ਤੁਹਾਨੂੰ ਪਰਖੇ ਸੋ ਤੁਸੀਂ ਨੇਕੀਆਂ ਵਿਚ ਇਕ ਦੂਜੇ ਤੋਂ ਅਗਾਂਹ ਵਧੋ। ਤੁਸੀਂ ਸਾਰਿਆਂ ਨੇ ਜਾਣਾ ਉਸੇ ਰੱਬ ਕੋਲ ਹੀ ਹੈ ਫੇਰ ਉਹ ਤੁਹਾਨੂੰ ਉਹਨਾਂ ਗੱਲਾਂ ਦੀ ਹਕੀਕਤ ਦੱਸ ਦੇਵੇਗਾ, ਜਿਹਨਾਂ ਵਿਚ ਤੁਸੀਂ ਮਤਭੇਦ ਕਰਦੇ ਰਹਿੰਦੇ ਸੀ।

وَأَنزَلْنَا إِلَيْكَ الْكِتَابَ بِالْحَقِّ مُصَدِّقًا لِّمَا بَيْنَ
يَدَيْهِ مِنَ الْكِتَابِ وَمُهَيْمِنًا عَلَيْهِ ۖ فَاحْكُم
بَيْنَهُم بِمَا أَنزَلَ اللَّهُ ۖ وَلَا تَتَّبِعْ أَهْوَاءَهُمْ
عَمَّا جَاءَكَ مِنَ الْحَقِّ ۚ لِكُلٍّ جَعَلْنَا مِنكُمْ
شِرْعَةً وَمِنْهَاجًا ۚ وَلَوْ شَاءَ اللَّهُ لَجَعَلَكُمْ أُمَّةً
وَاحِدَةً وَلَٰكِن لِّيَبْلُوَكُمْ فِي مَا آتَاكُمْ ۖ فَاسْتَبِقُوا
الْخَيْرَاتِ ۚ إِلَى اللَّهِ مَرْجِعُكُمْ جَمِيعًا فَيُنَبِّئُكُم
بِمَا كُنتُمْ فِيهِ تَخْتَلِفُونَ ﴿٤٨﴾

49. (ਹੇ ਨਬੀ!) ਤੁਸੀਂ ਇਹਨਾਂ ਲੋਕਾਂ ਦੇ ਮਾਮਲਿਆਂ ਵਿਚ ਰੱਬ ਵੱਲੋਂ ਤੁਹਾਡੇ ਉੱਤੇ ਉਤਾਰੀ ਕਿਤਾਬ (ਕੁਰਆਨ) ਅਨੁਸਾਰ ਹੀ ਫ਼ੈਸਲੇ ਕਰੋ। ਇਹਨਾਂ ਦੀਆਂ ਇੱਛਾਵਾਂ ਦੀ ਪਾਲਣਾ ਨਾ ਕਰੋ ਅਤੇ ਇਹਨਾਂ ਤੋਂ ਸਾਵਧਾਨ ਰਹੋ, ਕਿਤੇ ਇਹ ਤੁਹਾਨੂੰ ਕਿਸੇ ਅਜਿਹੇ ਹੁਕਮ ਤੋਂ ਇੱਧਰ-ਉੱਧਰ ਨਾ ਕਰ ਦੇਣ ਜਿਹੜਾ

وَأَنِ احْكُم بَيْنَهُم بِمَا أَنزَلَ اللَّهُ وَلَا تَتَّبِعْ
أَهْوَاءَهُمْ وَاحْذَرْهُمْ أَن يَفْتِنُوكَ عَن بَعْضِ
مَا أَنزَلَ اللَّهُ إِلَيْكَ ۖ فَإِن تَوَلَّوْا فَاعْلَمْ أَنَّمَا
يُرِيدُ اللَّهُ أَن يُصِيبَهُم بِبَعْضِ ذُنُوبِهِمْ ۗ
وَإِنَّ كَثِيرًا مِّنَ النَّاسِ لَفَاسِقُونَ ﴿٤٩﴾

[1] ਕੁਰਆਨ ਪਹਿਲਾਂ ਆਈਆਂ ਸਾਰੀਆਂ ਕਿਤਾਬਾਂ ਦੀ ਰਾਖੀ ਕਰਦਾ ਹੈ ਉਹਨਾਂ ਕਿਤਾਬਾਂ ਵਿਚ ਜੋ ਵੀ ਰੱਬੀ ਬਾਣੀ ਹੈ, ਕੁਰਆਨ ਉਸ ਦੀ ਪੁਸ਼ਟੀ ਕਰਦਾ ਹੈ ਅਤੇ ਜੋ ਉਹਨਾਂ ਕਿਤਾਬਾਂ ਵਿਚ ਹੇਰ-ਫੇਰ ਕਰ ਦਿੱਤਾ ਹੈ, ਉਸ ਨੂੰ ਝੁਠਲਾਉਂਦਾ ਹੈ।

ਅੱਲਾਹ ਨੇ ਤੁਹਾਡੇ 'ਤੇ ਉਤਾਰਿਆ ਹੈ ਜੇ ਉਹ ਮੂੰਹ ਮੋੜਦੇ ਹਨ ਤਾਂ ਸੋਚ ਜਾਣੋ ਕਿ ਅੱਲਾਹ ਵੀ ਇਹੋ ਚਾਹੁੰਦਾ ਹੈ ਕਿ ਇਹਨਾਂ ਨੂੰ ਇਹਨਾਂ ਦੇ ਕੁੱਝ ਗੁਨਾਹਾਂ ਦੀ ਸਜ਼ਾ (ਸੰਸਾਰ ਵਿਚ) ਮਿਲ ਜਾਵੇ ਅਤੇ ਬਹੁਤੇ ਲੋਕ ਤਾਂ ਇਹਨਾਂ ਵਿੱਚੋਂ ਉਲੰਘਣਾਕਾਰੀ ਹੀ ਹਨ।

50. ਕੀ ਇਹ ਲੋਕ ਜਹਾਲਤ ਭਰਿਆ ਫ਼ੈਸਲਾ ਚਾਹੁੰਦੇ ਹਨ?[1] ਜਿਹੜੀ ਕੌਮ ਅੱਲਾਹ ਉੱਤੇ ਵਿਸ਼ਵਾਸ ਰੱਖਦੀ ਹੈ, ਉਸ ਲਈ ਅੱਲਾਹ ਤੋਂ ਵਧੀਆ ਫ਼ੈਸਲਾ ਕੌਣ ਕਰ ਸਕਦਾ ਹੈ?

أَفَحُكْمَ الْجَاهِلِيَّةِ يَبْغُونَ ۚ وَمَنْ أَحْسَنُ
مِنَ اللَّهِ حُكْمًا لِقَوْمٍ يُوقِنُونَ ﴿٥٠﴾

51. ਹੇ ਈਮਾਨ ਵਾਲਿਓ! ਤੁਸੀਂ ਯਹੂਦੀਆਂ ਅਤੇ ਈਸਾਈਆਂ ਨੂੰ ਆਪਣਾ ਮਿਤਰ ਨਾ ਬਣਾਓ ਇਹ ਤਾਂ ਆਪਸ ਵਿਚ ਹੀ ਇਕ ਦੂਜੇ ਦੇ ਮਿੱਤਰ ਹਨ। ਤੁਹਾਡੇ ਵਿੱਚੋਂ ਜਿਹੜਾ ਵੀ ਕੋਈ ਇਹਨਾਂ ਨਾਲ ਦੋਸਤੀ ਕਰੇਗਾ, ਉਹ ਇਹਨਾਂ ਵਿੱਚੋਂ ਹੀ ਗਿਣਿਆ ਜਾਵੇਗਾ। ਬੇਸ਼ੱਕ ਅੱਲਾਹ ਜ਼ਾਲਮਾਂ ਨੂੰ ਕਦੇ ਵੀ ਹਿਦਾਇਤ ਨਹੀਂ ਦਿੰਦਾ।

يَا أَيُّهَا الَّذِينَ آمَنُوا لَا تَتَّخِذُوا الْيَهُودَ
وَالنَّصَارَىٰ أَوْلِيَاءَ ۘ بَعْضُهُمْ أَوْلِيَاءُ بَعْضٍ ۚ
وَمَنْ يَتَوَلَّهُمْ مِنْكُمْ فَإِنَّهُ مِنْهُمْ ۗ
إِنَّ اللَّهَ لَا يَهْدِي الْقَوْمَ الظَّالِمِينَ ﴿٥١﴾

52. ਫੇਰ ਤੁਸੀਂ ਉਹਨਾਂ ਲੋਕਾਂ ਨੂੰ ਵੇਖਦੇ ਹੋ ਜਿਹਨਾਂ ਦੇ ਦਿਲਾਂ ਵਿਚ (ਛਲ ਕਪਟ ਦੀ) ਬੀਮਾਰੀ ਹੈ। ਉਹ ਭੱਜ ਭੱਜ ਕੇ ਉਹਨਾਂ ਯਹੂਦੀਆਂ ਵਿਚ ਜਾ ਘੁਸਦੇ ਹਨ ਅਤੇ ਉਹਨਾਂ ਨੂੰ ਕਹਿੰਦੇ ਹਨ ਕਿ ਸਾਨੂੰ ਡਰ ਲੱਗਦਾ ਹੈ ਇੰਜ ਨਾ ਹੋਵੇ ਕਿ ਅਸੀਂ ਕਿਸੇ ਮੁਸੀਬਤ ਵਿਚ ਹੀ ਫਸ ਜਾਈਏ। ਹੋ ਸਕਦਾ ਹੈ ਕਿ ਅੱਲਾਹ ਤੁਹਾਨੂੰ (ਮੁਸਲਮਾਨਾਂ ਨੂੰ) ਜਿੱਤ ਹੀ ਦੇ

فَتَرَى الَّذِينَ فِي قُلُوبِهِمْ مَرَضٌ يُسَارِعُونَ
فِيهِمْ يَقُولُونَ نَخْشَىٰ أَنْ تُصِيبَنَا دَائِرَةٌ ۚ
فَعَسَى اللَّهُ أَنْ يَأْتِيَ بِالْفَتْحِ أَوْ أَمْرٍ مِنْ
عِنْدِهِ فَيُصْبِحُوا عَلَىٰ مَا أَسَرُّوا فِي أَنْفُسِهِمْ
نَادِمِينَ ﴿٥٢﴾

[1] ਹਦੀਸ ਅਨੁਸਾਰ ਤਿੰਨ ਤਰ੍ਹਾਂ ਦੇ ਵਿਅਕਤੀ ਅੱਲਾਹ ਨੂੰ ਸਖ਼ਤ ਨਾਪਸੰਦ ਹਨ (1) ਜਿਹੜਾ ਖ਼ਾਨਾ ਕਾਅਬਾ ਵਿਚ ਗੁਨਾਹ ਕਰੇ (2) ਜਿਹੜਾ ਮੁਸਲਮਾਨ ਹੁੰਦੇ ਹੋਏ ਵੀ ਜਹਾਲਤ ਵਾਲੀਆਂ ਰਸਮਾਂ ਰਿਵਾਜਾਂ ਨੂੰ ਅਪਣਾਏ (3) ਕਿਸੇ ਦਾ ਨਾ-ਹੱਕਾ ਕਤਲ ਕਰਨ ਲਈ ਉਸ ਦਾ ਪਿੱਛਾ ਕਰੇ। (ਸਹੀ ਬੁਖ਼ਾਰੀ, ਹਦੀਸ 6882)

ਦੇਵੇ ਜਾਂ ਆਪਣੇ ਵੱਲੋਂ ਕੋਈ ਹੋਰ (ਭਲਾਈ ਦੀ) ਗੱਲ ਜ਼ਾਹਿਰ ਕਰ ਦੇਵੇ ਤਾਂ ਫੇਰ ਇਹ ਲੋਕ ਆਪਣੇ ਦਿਲ ਵਿਚ ਲੁਕਾਈਆਂ ਹੋਈਆਂ ਗੱਲਾਂ ਉੱਤੇ ਪਛਤਾਉਣਗੇ।

53. ਉਸ ਵੇਲੇ ਈਮਾਨ ਲਿਆਉਣ ਵਾਲੇ ਆਖਣਗੇ, ਕੀ ਇਹ ਉਹ ਲੋਕ ਹਨ, ਜਿਹੜੇ ਅੱਲਾਹ ਦੇ ਨਾਂ ਉੱਤੇ ਵੱਡੀਆਂ-ਵੱਡੀਆਂ ਸਹੁੰਆਂ ਖਾ ਕੇ ਵਿਸ਼ਵਾਸ ਦਿਲਾਉਂਦੇ ਸਨ ਕਿ ਉਹ ਤੁਹਾਡੇ ਨਾਲ ਹੀ ਹਨ? ਇਹਨਾਂ ਦੇ ਸਾਰੇ ਅਮਲ ਵਿਅਰਥ ਗਏ ਅਤੇ ਇਹ ਘਾਟਾ ਖਾਣ ਵਾਲਿਆਂ ਵਿੱਚੋਂ ਹੋ ਗਏ।

وَيَقُولُ الَّذِينَ آمَنُوا أَهَٰؤُلَاءِ الَّذِينَ أَقْسَمُوا
بِاللَّهِ جَهْدَ أَيْمَانِهِمْ ۙ إِنَّهُمْ لَمَعَكُمْ ۚ حَبِطَتْ
أَعْمَالُهُمْ فَأَصْبَحُوا خَاسِرِينَ (53)

54. ਹੇ ਈਮਾਨ ਵਾਲਿਓ, ਤੁਹਾਡੇ ਵਿੱਚੋਂ ਜਿਹੜਾ ਵੀ ਕੋਈ ਆਪਣੇ ਦੀਨ ਤੋਂ ਫਿਰ ਜਾਵੇਗਾ ਤਾਂ ਅੱਲਾਹ ਛੇਤੀ ਹੀ ਅਜਿਹੇ ਲੋਕਾਂ ਨੂੰ ਲਿਆਵੇਗਾ ਕਿ ਉਹ ਉਹਨਾਂ ਨਾਲ ਮੁਹੱਬਤ ਕਰਦਾ ਹੋਵੇਗਾ ਅਤੇ ਉਹ ਵੀ ਅੱਲਾਹ ਨਾਲ ਮੁਹੱਬਤ ਕਰਦੇ ਹੋਣਗੇ। ਉਹ ਮੋਮਿਨਾਂ ਪ੍ਰਤੀ ਨਰਮੀ ਕਰਨ ਵਾਲੇ ਅਤੇ ਕਾਫ਼ਿਰਾਂ ਲਈ ਬਹੁਤ ਹੀ ਸਖ਼ਤ ਹੋਣਗੇ। ਉਹ ਅੱਲਾਹ ਦੀ ਰਾਹ ਵਿਚ ਜਿਹਾਦ ਕਰਨਗੇ ਅਤੇ ਕਿਸੇ ਮੰਦਾ ਚੰਗਾ ਆਖਣ ਵਾਲੇ ਦੀ ਪਰਵਾਹ ਨਹੀਂ ਕਰਨਗੇ। ਇਹ ਅੱਲਾਹ ਦੀਆਂ ਮਿਹਰਾਂ ਹਨ, ਜਿਸ ਨੂੰ ਚਾਹੁੰਦਾ ਹੈ ਦਿੰਦਾ ਹੈ, ਅੱਲਾਹ ਅਸੀਮਿਤ ਸਾਧਨਾਂ ਦਾ ਮਾਲਿਕ ਹੈ ਅਤੇ ਸਭ ਕੁੱਝ ਜਾਣਦਾ ਹੈ।

يَا أَيُّهَا الَّذِينَ آمَنُوا مَنْ يَرْتَدَّ مِنْكُمْ عَنْ
دِينِهِ فَسَوْفَ يَأْتِي اللَّهُ بِقَوْمٍ يُحِبُّهُمْ
وَيُحِبُّونَهُ أَذِلَّةٍ عَلَى الْمُؤْمِنِينَ أَعِزَّةٍ
عَلَى الْكَافِرِينَ يُجَاهِدُونَ فِي سَبِيلِ اللَّهِ
وَلَا يَخَافُونَ لَوْمَةَ لَائِمٍ ۚ ذَٰلِكَ فَضْلُ اللَّهِ
يُؤْتِيهِ مَنْ يَشَاءُ ۚ وَاللَّهُ وَاسِعٌ عَلِيمٌ (54)

55. (ਹੇ ਮੁਸਲਮਾਨੋ!) ਤੁਹਾਡੇ ਦੋਸਤ ਤਾਂ ਕੇਵਲ ਅੱਲਾਹ ਅਤੇ ਉਸ ਦੇ ਰਸੂਲ (ਹਜ਼ਰਤ ਮੁਹੰਮਦ) ਹਨ ਅਤੇ ਉਹ ਸਾਰੇ ਹੀ ਈਮਾਨ ਵਾਲੇ ਹਨ ਜਿਹੜੇ ਨਮਾਜ਼ਾਂ ਪੜ੍ਹਦੇ ਹਨ ਅਤੇ ਜ਼ਕਾਤ ਦਿੰਦੇ ਹਨ ਅਤੇ

إِنَّمَا وَلِيُّكُمُ اللَّهُ وَرَسُولُهُ وَالَّذِينَ آمَنُوا
الَّذِينَ يُقِيمُونَ الصَّلَاةَ وَيُؤْتُونَ الزَّكَاةَ
وَهُمْ رَاكِعُونَ (55)

ਉਹ (ਅੱਲਾਹ ਦੇ ਹਰ ਹੁਕਮ ਅੱਗੇ) ਝੁਕਣ ਵਾਲੇ ਹਨ।

56 ਅਤੇ ਜੋ ਵੀ ਵਿਅਕਤੀ ਅੱਲਾਹ, ਉਸ ਦੇ ਰਸੂਲ ਨਾਲ ਅਤੇ ਉਹਨਾਂ ਲੋਕਾਂ ਨਾਲ ਜਿਹੜੇ ਈਮਾਨ ਲਿਆਏ ਹਨ, ਦੋਸਤੀ ਕਰੇਗਾ[1] (ਇਹੋ ਅੱਲਾਹ ਦੀ ਟੋਲੀ ਹੈ)। ਬੇਸ਼ੱਕ ਅੱਲਾਹ ਦੀ ਟੋਲੀ ਹੀ ਭਾਰੂ ਰਹਿਣ ਵਾਲੀ ਹੈ।

وَمَن يَتَوَلَّ اللَّهَ وَرَسُولَهُ وَالَّذِينَ آمَنُوا
فَإِنَّ حِزْبَ اللَّهِ هُمُ الْغَالِبُونَ

57 ਹੇ ਈਮਾਨ ਵਾਲਿਓ! ਉਹਨਾਂ ਨੂੰ ਆਪਣਾ ਮਿੱਤਰ ਨਾ ਬਣਾਓ ਜਿਨ੍ਹਾਂ ਨੇ ਤੁਹਾਡੇ ਧਰਮ (ਇਸਲਾਮ) ਨੂੰ ਹਾਸਾ-ਮਖ਼ੌਲ ਬਣਾ ਛੱਡਿਆ ਹੈ, ਭਾਵੇਂ ਉਹ ਉਹਨਾਂ ਵਿੱਚੋਂ ਹੋਣ ਜਿਹਨਾਂ ਨੂੰ ਤੁਹਾਥੋਂ ਪਹਿਲਾਂ ਕਿਤਾਬਾਂ (ਤੌਰੈਤ, ਇੰਜੀਲ) ਦਿੱਤੀਆਂ ਗਈਆਂ ਹਨ ਜਾਂ ਕਾਫ਼ਿਰ ਹੋਣ, ਜੇ ਤੁਸੀਂ ਮੋਮਿਨ ਹੋ ਤਾਂ ਕੇਵਲ ਅੱਲਾਹ ਤੋਂ ਹੀ ਡਰੋ।

يَا أَيُّهَا الَّذِينَ آمَنُوا لَا تَتَّخِذُوا الَّذِينَ اتَّخَذُوا
دِينَكُمْ هُزُوًا وَلَعِبًا مِّنَ الَّذِينَ أُوتُوا الْكِتَابَ
مِن قَبْلِكُمْ وَالْكُفَّارَ أَوْلِيَاءَ ۚ وَاتَّقُوا اللَّهَ
إِن كُنتُم مُّؤْمِنِينَ

58 ਜਦੋਂ ਤੁਸੀਂ ਉਹਨਾਂ ਨੂੰ ਨਮਾਜ਼ ਲਈ ਬੁਲਾਉਂਦੇ ਹੋ[2] ਤਾਂ ਉਹ ਇਹ ਦਾ ਮਖ਼ੌਲ ਉਡਾਉਂਦੇ ਹਨ ਅਤੇ ਖੇਡ-ਤਮਾਸ਼ਾ ਬਣਾ ਲੈਂਦੇ ਹਨ, ਇਹ ਇਸ ਲਈ ਕਰਦੇ ਹਨ ਕਿ ਉਹਨਾਂ ਨੂੰ ਅਕਲ ਹੀ ਨਹੀਂ।

وَإِذَا نَادَيْتُمْ إِلَى الصَّلَاةِ اتَّخَذُوهَا هُزُوًا
وَلَعِبًا ۚ ذَٰلِكَ بِأَنَّهُمْ قَوْمٌ لَّا يَعْقِلُونَ

---

[1] ਹਦੀਸ ਅਨੁਸਾਰ ਅੱਲਾਹ ਅਤੇ ਉਸ ਦੇ ਰਸੂਲ ਦੀ ਮੁਹੱਬਤ ਈਮਾਨ ਦੇ ਸੁਆਦ ਦਾ ਕਾਰਨ ਹੈ ਅੱਲਾਹ ਦੇ ਰਸੂਲ (ਸ.) ਨੇ ਫ਼ਰਮਾਇਆ ਕਿ ਜਿਸ ਕਿਸੇ ਵਿਚ ਇਹ ਤਿੰਨ ਆਦਤਾਂ ਹੋਣਗੀਆਂ ਉਹ ਈਮਾਨੀ ਸੁਆਦ ਅਵੱਸ਼ ਹੀ ਚਖੇਗਾ, (1) ਅੱਲਾਹ ਅਤੇ ਉਸ ਦਾ ਰਸੂਲ ਉਸ ਨੂੰ ਸਭ ਤੋਂ ਵੱਧ ਮਹਿਬੂਬ ਹੋਣ (2) ਕਿਸੇ ਨਾਲ ਮਿੱਤਰਤਾ ਕੇਵਲ ਅੱਲਾਹ ਲਈ ਹੀ ਕਰੇ, (3) ਮੁੜ ਕਾਫ਼ਿਰ ਹੋਣਾ ਇੰਜ ਨਾਪਸੰਦ ਹੋਵੇ ਜਿਵੇਂ ਅੱਗ ਵਿਚ ਸੁੱਟ ਦਿੱਤਾ ਗਿਆ। (ਸਹੀ ਬੁਖ਼ਾਰੀ, ਹਦੀਸ 16)

[2] ਨਮਾਜ਼ ਲਈ ਬੁਲਾਉਣ ਦਾ ਤਰੀਕਾ ਨਬੀ (ਸ.) ਨੇ ਅਜ਼ਾਨ ਦੁਆਰਾ ਦੱਸਿਆ ਹੈ। ਕੁੱਝ ਸੁਹਾਬਾ ਨੂੰ ਸੁਪਨਿਆਂ ਵਿਚ ਅਜ਼ਾਨ ਦੇ ਸ਼ਬਦ ਦੱਸੇ ਗਏ ਅਤੇ ਆਪ (ਸ.) ਨੇ ਉਹਨਾਂ ਨੂੰ ਪਸੰਦ ਕੀਤਾ। ਹਜ਼ਰਤ ਅੱਬਾਸ ਰ:ਅ: ਤੋਂ ਪਤਾ ਲੱਗਦਾ ਹੈ ਕਿ ਨਮਾਜ਼ ਦੇ ਐਲਾਨ ਲਈ ਲੋਕਾਂ ਨੇ ਅੱਗ ਬਾਲਣ ਜਾਂ ਨਾਕੂਸ (ਭਾਵ ਉੱਚੀ ਆਵਾਜ਼ ਦਾ ਸਾਜ਼) ਵਜਾਉਣ ਦੀ ਰਾਏ ਦਿੱਤੀ, ਜੋ ਯਹੂਦੀਆਂ ਅਤੇ ਈਸਾਈਆਂ ਦਾ ਤਰੀਕਾ ਸੀ ਤਦ ਹਜ਼ਰਤ ਬਲਾਲ ਰ:ਅ: ਨੂੰ ਕਿਹਾ ਗਿਆ ਕਿ ਅਜ਼ਾਨ ਵਿਚ ਕਲਮੇ (ਬੋਲ) ਦੋ ਵਾਰ ਅਤੇ ਅਕਾਮਤ ਲਈ ਇਕ-ਇਕ ਵਾਰ ਕਹਿਣ (ਅਕਾਮਤ ਉਸ ਸਮੇਂ ਕਹੀ ਜਾਂਦੀ ਹੈ ਜਦੋਂ ਲੋਕੀਂ ਨਮਾਜ਼ ਲਈ ਤਿਆਰ ਹੋ ਜਾਂਦੇ ਹਨ)। (ਸਹੀ ਬੁਖ਼ਾਰੀ, ਹਦੀਸ: 603)

قُلْ يٰٓاَهْلَ الْكِتٰبِ هَلْ تَنْقِمُوْنَ مِنَّآ اِلَّآ اَنْ
اٰمَنَّا بِاللّٰهِ وَمَآ اُنْزِلَ اِلَيْنَا وَمَآ اُنْزِلَ مِنْ
قَبْلُ ۙ وَاَنَّ اَكْثَرَكُمْ فٰسِقُوْنَ (59)

59. ਸੋ (ਹੇ ਨਬੀ!) ਤੁਸੀਂ ਆਖੋ ਕਿ ਹੇ ਕਿਤਾਬ ਵਾਲਿਓ! ਕੀ ਤੁਸੀਂ ਸਾਡੇ ਨਾਲ ਇਸ ਲਈ ਵੈਰ ਰੱਖਦੇ ਹੋ ਕਿ ਅਸੀਂ ਅੱਲਾਹ ਅਤੇ ਉਸ ਵੱਲੋਂ ਘੱਲੀ ਗਈ ਕਿਤਾਬ (ਕੁਰਆਨ) ਅਤੇ ਸਾਥੋਂ ਪਹਿਲਾਂ ਨਾਜ਼ਿਲ ਹੋਈਆਂ ਕਿਤਾਬਾਂ ਉੱਤੇ ਈਮਾਨ ਰੱਖਦੇ ਹਾਂ। ਬੇਸ਼ੱਕ ਤੁਹਾਡੇ ਵਿੱਚੋਂ ਬਹੁਤੇ ਲੋਕ ਤਾਂ ਨਾ ਫ਼ਰਮਾਨ ਹਨ।

قُلْ هَلْ اُنَبِّئُكُمْ بِشَرٍّ مِّنْ ذٰلِكَ مَثُوْبَةً عِنْدَ
اللّٰهِ ۗ مَنْ لَّعَنَهُ اللّٰهُ وَغَضِبَ عَلَيْهِ وَجَعَلَ
مِنْهُمُ الْقِرَدَةَ وَالْخَنَازِيْرَ وَعَبَدَ الطَّاغُوْتَ ۗ
اُولٰٓئِكَ شَرٌّ مَّكَانًا وَّاَضَلُّ عَنْ سَوَآءِ
السَّبِيْلِ (60)

60. (ਹੇ ਨਬੀ!) ਕਹਿ ਦਿਓ! ਕੀ ਮੈਂ ਤੁਹਾਨੂੰ ਉਸ ਵਿਅਕਤੀ ਬਾਰੇ ਨਾ ਦੱਸਾਂ ਜਿਹੜਾ ਬਦਲੇ ਪੱਖੋਂ ਅੱਲਾਹ ਦੀਆਂ ਨਜ਼ਰਾਂ ਵਿਚ ਉਸ (ਨਾ ਫ਼ਰਮਾਨ) ਤੋਂ ਵੀ ਵੱਧ ਭੈੜਾ ਹੈ? ਇਹ ਵਿਅਕਤੀ ਉਹ ਹੈ ਜਿਸ ਉੱਤੇ ਅੱਲਾਹ ਨੇ ਲਾਅਨਤਾਂ ਪਾਈਆਂ ਹਨ ਅਤੇ ਉਸ 'ਤੇ ਆਪਣਾ ਗ਼ਜ਼ਬ (ਕਰੋਧ) ਨਾਜ਼ਿਲ ਕੀਤਾ ਹੈ। ਇਹਨਾਂ ਵਿੱਚੋਂ ਕੁੱਝ ਨੂੰ ਬਾਂਦਰ ਅਤੇ ਸੂਰ ਬਣਾ ਛੱਡਿਆ। ਅਤੇ ਜਿਸ ਵਿਅਕਤੀ ਨੇ ਸ਼ੈਤਾਨ ਦੀ ਬੰਦਗੀ ਕੀਤੀ ਉਹੀ ਲੋਕ ਸਭ ਤੋਂ ਵੱਧ ਭੈੜੀ ਸ਼੍ਰੇਣੀ ਵਿਚ ਹਨ ਅਤੇ ਇਹੋ ਹਨ ਜਿਹੜੇ ਸੱਭ ਤੋਂ ਵੱਧ ਸਿੱਧੀ ਰਾਹ ਤੋਂ ਭਟਕੇ ਹੋਏ ਹਨ।

وَاِذَا جَاۗءُوْكُمْ قَالُوْٓا اٰمَنَّا وَقَدْ دَّخَلُوْا
بِالْكُفْرِ وَهُمْ قَدْ خَرَجُوْا بِهٖ ۗ وَاللّٰهُ اَعْلَمُ
بِمَا كَانُوْا يَكْتُمُوْنَ (61)

61. ਜਦੋਂ ਉਹ ਤੁਹਾਡੇ ਕੋਲ ਆਉਂਦੇ ਹਨ ਤਾਂ ਕਹਿੰਦੇ ਹਨ ਕਿ ਅਸੀਂ ਈਮਾਨ ਲਿਆਏ, ਜਦ ਕਿ ਉਹਨਾਂ ਦਾ ਹਾਲ ਇਹ ਹੈ ਕਿ ਉਹ ਕੁਫ਼ਰ ਦੇ ਨਾਲ ਹੀ (ਈਮਾਨ ਵਿਚ) ਦਾਖ਼ਲ ਹੋਏ ਸੀ ਅਤੇ ਉਸੇ ਦੇ ਨਾਲ ਹੀ ਨਿਕਲ ਗਏ। ਇਹ ਜੋ ਵੀ ਲੁਕਾ ਰਹੇ ਹਨ ਅੱਲਾਹ ਉਹ ਸਭ ਜਾਣਦਾ ਹੈ।

وَتَرٰى كَثِيْرًا مِّنْهُمْ يُسَارِعُوْنَ فِي الْاِثْمِ
وَالْعُدْوَانِ وَاَكْلِهِمُ السُّحْتَ ۗ لَبِئْسَ مَا كَانُوْا
يَعْمَلُوْنَ (62)

62. ਤੁਸੀਂ ਵੇਖੋਗੇ ਕਿ ਇਹਨਾਂ ਵਿੱਚੋਂ ਬਹੁਤੇ ਲੋਕ ਗੁਨਾਹ, ਜ਼ਿਆਦਤੀ ਅਤੇ ਹਰਾਮ ਖਾਣ ਵਿਚ ਛੇਤੀ ਕਰਦੇ ਹਨ, ਉਹ ਬਹੁਤ ਹੀ ਬੁਰੇ ਕੰਮ ਹਨ ਜੋ ਉਹ ਕਰਦੇ ਹਨ।

63. ਇਹਨਾਂ ਨੂੰ ਇਹਨਾਂ ਦੇ ਅੱਲਾਹ ਵਾਲੇ ਤੇ ਧਰਮ ਗਿਆਨੀ ਗੁਨਾਹ ਦੀਆਂ ਗੱਲਾਂ ਕਹਿਣ ਤੋਂ ਤੇ ਹਰਾਮ ਚੀਜ਼ਾਂ ਖਾਣ ਤੋਂ ਕਿਉਂ ਨਹੀਂ ਰੋਕਦੇ? ਬੇਸ਼ੱਕ ਬਹੁਤ ਹੀ ਭੈੜੀ ਰਚਨਾ ਹੈ ਜੋ ਉਹ ਆਪਣੇ ਲਈ ਤਿਆਰ ਕਰ ਰਹੇ ਹਨ।

لَوْلَا يَنْهٰىهُمُ الرَّبّٰنِيُّوْنَ وَالْاَحْبَارُ عَنْ قَوْلِهِمُ
الْاِثْمَ وَاَكْلِهِمُ السُّحْتَ ۭ لَبِئْسَ مَا كَانُوْا
يَصْنَعُوْنَ ۝63

64. ਯਹੂਦੀ ਆਖਦੇ ਹਨ ਕਿ ਅੱਲਾਹ ਦੇ ਹੱਥ ਬੰਨ੍ਹੇ ਹੋਏ ਹਨ? (ਜਦ ਕਿ) ਹੱਥ ਤਾਂ ਇਹਨਾਂ ਦੇ ਹੀ ਬੰਨ੍ਹੇ ਹੋਏ ਹਨ ਅਤੇ ਇਹਨਾਂ ਦੀ ਇਸ ਬਕਵਾਸ ਕਾਰਨ ਹੀ ਇਹਨਾਂ ਉੱਤੇ ਲਾਅਨਤਾਂ ਕੀਤੀਆਂ ਗਈਆਂ ਹਨ, ਸਗੋਂ ਅੱਲਾਹ ਦੇ ਹੱਥ ਤਾਂ ਖੁੱਲ੍ਹੇ ਹਨ, ਜਿਵੇਂ ਚਾਹੁੰਦਾ ਹੈ ਖ਼ਰਚ ਕਰਦਾ ਹੈ। ਹਕੀਕਤ ਇਹ ਹੈ ਕਿ ਜੋ ਵੀ ਤੁਹਾਡੇ ਰੱਬ ਵੱਲੋਂ ਉਤਾਰਿਆ ਜਾਂਦਾ ਹੈ ਇਹ ਇਹਨਾਂ (ਕਾਫ਼ਿਰ) ਵਿੱਚੋਂ ਬਥੇਰਿਆਂ ਦੀ ਸਰਕਸ਼ੀ ਅਤੇ ਕੁਫ਼ਰ ਵਿਚ ਵਾਧੇ ਦਾ ਕਾਰਨ ਬਣਦਾ ਹੈ ਅਤੇ ਅਸੀਂ ਕਿਆਮਤ ਤਕ ਲਈ ਇਹਨਾਂ ਵਿਚਾਲੇ ਈਰਖਾ ਤੇ ਵੈਰ ਵਿਰੋਧ ਪਾ ਛੱਡਿਆ ਹੈ ਜਦੋਂ ਵੀ ਉਹ ਲੜਾਈ ਦੀ ਅੱਗ ਭੜਕਾਉਣਾ ਚਾਹੁੰਦੇ ਹਨ ਤਾਂ ਅੱਲਾਹ ਉਸ ਨੂੰ ਬੁਝਾ ਦਿੰਦਾ ਹੈ। ਇਹ ਧਰਤੀ ਉੱਤੇ ਵਿਗਾੜ ਪੈਦਾ ਕਰਨ ਲਈ ਭੱਜੇ-ਨੱਠੇ ਫਿਰਦੇ ਹਨ ਜਦ ਕਿ ਅੱਲਾਹ ਫ਼ਸਾਦੀਆਂ ਨੂੰ ਪਸੰਦ ਨਹੀਂ ਕਰਦਾ।

وَقَالَتِ الْيَهُوْدُ يَدُ اللّٰهِ مَغْلُوْلَةٌ ۭ غُلَّتْ اَيْدِيْهِمْ
وَلُعِنُوْا بِمَا قَالُوْا ۘ بَلْ يَدٰهُ مَبْسُوْطَتٰنِ ۙ يُنْفِقُ
كَيْفَ يَشَاۗءُ ۭ وَلَيَزِيْدَنَّ كَثِيْرًا مِّنْهُمْ مَّآ
اُنْزِلَ اِلَيْكَ مِنْ رَّبِّكَ طُغْيَانًا وَّكُفْرًا ۭ وَاَلْقَيْنَا
بَيْنَهُمُ الْعَدَاوَةَ وَالْبَغْضَاۗءَ اِلٰي يَوْمِ الْقِيٰمَةِ ۭ كُلَّمَآ
اَوْقَدُوْا نَارًا لِّلْحَرْبِ اَطْفَاَهَا اللّٰهُ ۙ وَيَسْعَوْنَ
فِي الْاَرْضِ فَسَادًا ۭ وَاللّٰهُ لَا يُحِبُّ الْمُفْسِدِيْنَ ۝64

65. ਜੇ ਇਹ ਅਹਲੇ ਕਿਤਾਬ ਈਮਾਨ ਲਿਆਉਂਦੇ ਅਤੇ ਦਿਲਾਂ ਵਿਚ ਰੱਬ ਦਾ ਡਰ ਰੱਖਦੇ ਤਾਂ ਅਸੀਂ (ਅੱਲਾਹ) ਇਹਨਾਂ ਦੀਆਂ ਸਾਰੀਆਂ ਬੁਰਾਈਆਂ ਨੂੰ ਮੁਆਫ਼ ਕਰ ਦਿੰਦੇ ਅਤੇ ਇਹਨਾਂ ਨੂੰ ਨਿਆਮਤਾਂ ਭਰੀਆਂ ਜੰਨਤਾਂ ਵਿਚ ਲੈ ਜਾਂਦੇ।

وَلَوْ اَنَّ اَهْلَ الْكِتٰبِ اٰمَنُوْا وَاتَّقَوْا لَكَفَّرْنَا عَنْهُمْ
سَيِّاٰتِهِمْ وَلَاَدْخَلْنٰهُمْ جَنّٰتِ النَّعِيْمِ ۝65

---

[1] ਕੁਰਆਨ ਵਿਚ ਜਿਹੜੀਆਂ ਵੀ ਅੱਲਾਹ ਦੀਆਂ ਸਿਫ਼ਤਾਂ ਬਿਆਨ ਹੋਈਆਂ ਹਨ, ਜਿਵੇਂ ਚਿਹਰਾ, ਅੱਖ, ਹੱਥ, ਪਿੰਡਲੀ, ਆਉਣਾ, ਚਲਣਾ ਆਦਿ ਬਿਆਨ ਹੋਇਆ ਹੈ ਜਾਂ ਜਿਹੜੀਆਂ ਸਿਫ਼ਤਾਂ ਹਦੀਸ ਤੋਂ ਸਿੱਧ ਹਨ, ਜਿਵੇਂ ਉੱਤਰਨਾ, ਹੱਸਣਾ ਆਦਿ, ਤਾਂ ਇਹਨਾਂ 'ਤੇ ਈਮਾਨ ਰੱਖਣਾ ਜ਼ਰੂਰੀ ਹੈ ਅਤੇ ਇਹਨਾਂ ਸਿਫ਼ਤਾਂ ਦਾ ਹੱਕਦਾਰ ਵੀ ਅੱਲਾਹ ਹੀ ਹੈ ਕਿਉਂਕਿ ਅੱਲਾਹ ਦਾ ਫ਼ਰਮਾਨ ਹੈ, ਉਸ ਅੱਲਾਹ ਜਿਹੀ ਕੋਈ ਚੀਜ਼ ਨਹੀਂ। (ਸੂਰਤ ਅਸ਼-ਸ਼ੂਰਾ 11/42) ਅਤੇ ਉਸ ਦੇ ਬਰਾਬਰ ਦਾ ਕੋਈ ਨਹੀਂ। (ਸੂਰਤ ਅਲ-ਇਖ਼ਲਾਸ 4/112)

وَلَوْ أَنَّهُمْ أَقَامُوا التَّوْرَاةَ وَالْإِنجِيلَ وَمَا أُنزِلَ إِلَيْهِم مِّن رَّبِّهِمْ لَأَكَلُوا مِن فَوْقِهِمْ وَمِن تَحْتِ أَرْجُلِهِم ۚ مِّنْهُمْ أُمَّةٌ مُّقْتَصِدَةٌ ۖ وَكَثِيرٌ مِّنْهُمْ سَاءَ مَا يَعْمَلُونَ (٦٦)

66. ਜੇ ਇਹ ਲੋਕ ਤੌਰੇਤ, ਇੰਜੀਲ ਅਤੇ ਅੱਲਾਹ ਵੱਲੋਂ ਭੇਜੀਆਂ ਦੂਜੀਆਂ ਕਿਤਾਬਾਂ ਦੇ ਹੁਕਮਾਂ ਦੀ ਠੀਕ-ਠੀਕ ਪਾਲਣਾ ਕਰਦੇ ਤਾਂ ਇਹ ਲੋਕ ਆਪਣੇ ਉੱਪਰੋਂ (ਅਕਾਸ਼ੋਂ) ਅਤੇ ਹੇਠੋਂ (ਧਰਤੀ ਵਿੱਚੋਂ) ਵੀ ਰੋਜ਼ੀਆਂ ਪ੍ਰਾਪਤ ਕਰਦੇ। ਇਕ ਧੜਾ ਇਹਨਾਂ ਵਿੱਚੋਂ ਵਿਚਕਾਰ ਵਾਲੀ ਭਾਵ ਸਿੱਧੀ ਰਾਹ 'ਤੇ ਹੈ,[1] ਪਰ ਇਹਨਾਂ ਦੀ ਬਹੁਗਿਣਤੀ ਬਹੁਤ ਹੀ ਭੈੜੇ ਕੰਮ ਕਰ ਰਹੀ ਹੈ।

---

[1] ਜਿਵੇਂ ਅਬਦੁੱਲਾ ਬਿਨ ਸਲਾਮ ਰ:ਅ: ਆਦਿ ਸਨ ਹਜ਼ਰਤ ਅਨਸ ਰ:ਅ: ਤੋਂ ਪਤਾ ਲੱਗਦਾ ਹੈ ਕਿ ਜਦੋਂ ਅਬਦੁੱਲਾ ਬਿਨ ਸਲਾਮ (ਯਹੂਦੀ ਵਿਦਵਾਨ) ਨੂੰ ਪਤਾ ਲੱਗਿਆ ਕਿ ਨਬੀ ਕਰੀਮ (ਸ:) ਮਦੀਨੇ ਪਧਾਰ ਗਏ ਹਨ ਤਾਂ ਉਹ ਨਬੀ (ਸ:) ਤੋਂ ਕੁੱਝ ਗੱਲਾਂ ਪੁੱਛਣ ਲਈ ਹਾਜ਼ਰ ਹੋਇਆ ਅਤੇ ਕਿਹਾ ਕਿ ਮੈਂ ਤੁਹਾਥੋਂ ਤਿੰਨ ਗੱਲਾਂ ਪੁੱਛਣਾ ਚਾਹੁੰਦਾ ਹਾਂ ਜਿਨ੍ਹਾਂ ਨੂੰ ਨਬੀ ਤੋਂ ਛੁੱਟ ਹੋਰ ਕੋਈ ਨਹੀਂ ਜਾਣਦਾ (1) ਕਿਆਮਤ ਹੋਣ ਦੀ ਪਹਿਲੀ ਨਿਸ਼ਾਨੀ ਕਿਹੜੀ ਹੈ? (2) ਜੰਨਤੀ ਸਭ ਤੋਂ ਪਹਿਲਾਂ ਕੀ ਖਾਣਗੇ (3) ਇਸ ਦਾ ਕੀ ਕਾਰਨ ਹੈ ਕਿ ਕਦੇ ਬੱਚਾ ਬਾਪ ਵਰਗਾ ਹੁੰਦਾ ਹੈ ਕਦੇ ਮਾਂ ਵਰਗਾ? ਨਬੀ (ਸ:) ਨੇ ਫ਼ਰਮਾਇਆ ਕਿ ਜਿਬਰਾਈਲ ਨੇ ਇਹ ਗੱਲਾਂ ਹੁਣੇ ਮੈਨੂੰ ਦੱਸੀਆਂ ਹਨ ਅਬਦੁੱਲਾ ਬਿਨ ਸਲਾਮ ਨੇ ਆਖਿਆ ਇਹ ਜਿਬਰਾਈਲ ਤਾਂ ਫ਼ਰਿਸ਼ਤਿਆਂ ਵਿਚ ਯਹੂਦੀਆਂ ਦਾ ਵੈਰੀ ਹੈ ਆਪ (ਸ:) ਨੇ ਫ਼ਰਮਾਇਆ (1) ਕਿਆਮਤ ਦੀ ਪਹਿਲੀ ਨਿਸ਼ਾਨੀ ਅੱਗ ਹੈ ਜਿਹੜੀ ਲੋਕਾਂ ਨੂੰ ਪੂਰਬ ਦਿਸ਼ਾ ਤੋਂ ਪੱਛਮ ਵੱਲ ਲੈਕੇ ਜਾਵੇਗੀ (2) ਜੰਨਤੀਆਂ ਦਾ ਪਹਿਲਾਂ ਭੋਜਨ ਮੱਛੀ ਦੀ ਕਲੇਜੀ ਦਾ ਵਾਧੂ ਹਿੱਸਾ ਹੋਵੇਗਾ (3) ਜਦੋਂ ਮਰਦ ਦਾ ਵੀਰਜ ਔਰਤ ਦੇ ਵੀਰਜ 'ਤੇ ਭਾਰੂ ਹੋ ਜਾਵੇ ਤਾਂ ਬੱਚਾ ਬਾਪ ਦੀ ਸ਼ਕਲ ਦਾ ਅਤੇ ਜਦੋਂ ਔਰਤ ਦਾ ਵੀਰਜ ਮਰਦ ਦੇ ਵੀਰਜ 'ਤੇ ਭਾਰੂ ਹੋ ਜਾਵੇ ਤਾਂ ਬੱਚਾ ਮਾਂ ਦੀ ਸ਼ਕਲ 'ਤੇ ਹੁੰਦਾ ਹੈ ਇਹ ਸੁਣ ਕੇ ਅਬਦੁੱਲਾ ਬਿਨ ਸਲਾਮ ਨੇ ਕਿਹਾ ਕਿ ਮੈਂ ਗਵਾਹੀ ਦਿੰਦਾ ਹਾਂ ਕਿ ਛੁੱਟ ਅੱਲਾਹ ਤੋਂ ਹੋਰ ਕੋਈ ਪੂਜਣਹਾਰ ਨਹੀਂ ਅਤੇ ਤੁਸੀਂ ਅੱਲਾਹ ਦੇ ਰਸੂਲ ਹੋ ਅਤੇ ਇਹ ਵੀ ਆਖਿਆ ਕਿ ਹੇ ਅੱਲਾਹ ਦੇ ਰਸੂਲ! ਯਹੂਦੀ ਕੌਮ ਇਲਜ਼ਾਮਬਾਜ਼ੀ 'ਚ ਮਾਹਿਰ ਹੈ, ਤੁਸੀਂ ਉਹਨਾਂ ਨੂੰ ਮੇਰੇ ਬਾਰੇ ਇਸਲਾਮ ਵਿਚ ਆਉਣ ਤੋਂ ਪਹਿਲਾਂ ਦਾ ਹਾਲ ਪੁੱਛੋ। ਯਹੂਦੀ ਕੌਮ ਦੇ ਕੁੱਝ ਬੰਦੇ ਨਬੀ (ਸ:) ਦੀ ਸੇਵਾ ਵਿਚ ਹਾਜ਼ਰ ਹੋਏ ਤਾਂ ਆਪ (ਸ:) ਨੇ ਉਹਨਾਂ ਤੋਂ ਪੁੱਛਿਆ ਤੁਹਾਡੇ ਵਿੱਚੋਂ ਅਬਦੁੱਲਾ ਬਿਨ ਸਲਾਮ ਕਿਹੋ ਜਿਹਾ ਵਿਅਕਤੀ ਹੈ? ਉਹਨਾਂ ਨੇ ਜਵਾਬ ਵਿਚ ਕਿਹਾ, ਉਹ ਸਾਡੇ ਵਿੱਚੋਂ ਇਕ ਭਲਾ ਆਦਮੀ ਹੈ ਅਤੇ ਭਲੇ ਆਦਮੀ ਦਾ ਹੀ ਪੁੱਤਰ ਹੈ, ਉਹ ਸਾਡੇ ਵਿਚ ਵਧੀਆ ਮਾਨਯੋਗ ਵਿਅਕਤੀ ਹੈ ਅਤੇ ਮਾਨਯੋਗ ਵਿਅਕਤੀ ਦਾ ਹੀ ਪੁੱਤਰ ਹੈ। ਇਸ 'ਤੇ ਨਬੀ ਕਰੀਮ (ਸ:) ਨੇ ਪੁੱਛਿਆ ਕਿ ਜੇ ਅਬਦੁੱਲਾ ਬਿਨ ਸਲਾਮ ਇਸਲਾਮ ਕਬੂਲ ਕਰ ਲਵੇ ਤਾਂ ਤੁਹਾਡੀ ਕੀ ਰਾਏ ਹੈ? ਯਹੂਦੀ ਬੋਲੇ ਅੱਲਾਹ ਉਸ ਨੂੰ ਇਸਲਾਮ ਤੋਂ ਬਚਾਏ। ਆਪ (ਸ:) ਨੇ ਉਹਨਾਂ ਤੋਂ ਫੇਰ ਇਹੋ ਸਵਾਲ ਕੀਤਾ ਤਾਂ ਉਹਨਾਂ ਨੇ ਫੇਰ ਉਹੀਓ ਜਵਾਬ ਦਿੱਤਾ ਅਬਦੁੱਲਾ ਬਿਨ ਸਲਾਮ ਜਿਹੜੇ ਲੁਕੇ ਹੋਏ ਸੀ ਉਹਨਾਂ ਕੋਲ ਆਕੇ ਕਹਿਣ ਲੱਗੇ "ਅਸ਼ਹਾਦੋ ਅੱਲਾ-ਇਲਾਹਾ-ਇੱਲੱਲ-ਲਾਹ ਵ-ਅਸ਼ਹਾਦੋ-ਅੰਨਾ-ਮੁਹੰਮਦੁ-ਰਸੂਲੁੱਲਾਹ"। ਯਹੂਦੀ ਇਹ ਸੁਣ ਕੇ ਆਖਣ ਲੱਗੇ ਕਿ ਅਬਦੁੱਲਾ ਬਿਨ ਸਲਾਮ ਸਾਡੇ ਵਿੱਚੋਂ ਸਭ ਤੋਂ ਮਾੜਾ ਵਿਅਕਤੀ ਹੈ ਅਤੇ ਮਾੜੇ ਆਦਮੀ ਦਾ ਹੀ ਪੁੱਤਰ ਹੈ ਅਤੇ ਉਸ ਨੂੰ ਚੰਗਾ ਮਾੜਾ ਆਖਣ ਲੱਗ ਪਏ। ਉਸ ਸਮੇਂ ਅਬਦੁੱਲਾ ਬਿਨ ਸਲਾਮ ਨੇ ਕਿਹਾ ਕਿ ਹੇ ਅੱਲਾਹ ਦੇ ਰਸੂਲ! ਮੈਨੂੰ ਇਸ ਗੱਲ ਦਾ ਹੀ ਡਰ ਸੀ। (ਸਹੀ ਬੁਖ਼ਾਰੀ, ਹਦੀਸ: 3938)

67. ਹੇ ਰਸੂਲ! ਜੋ ਕੁੱਝ ਵੀ ਆਪ ਜੀ ਵੱਲ ਤੁਹਾਡੇ ਰੱਬ ਵੱਲੋਂ ਘੱਲਿਆ ਗਿਆ ਹੈ ਉਸ ਨੂੰ ਲੋਕਾਂ ਤਕ ਪਹੁੰਚਾ ਦੇਵੋ ਜੇ ਤੁਸੀਂ ਅਜਿਹਾ ਨਾ ਕੀਤਾ ਤਾਂ ਤੁਸੀਂ ਅੱਲਾਹ ਦੇ ਪੈਗ਼ੰਬਰ ਹੋਣ ਦਾ ਹੱਕ ਅਦਾ ਨਹੀਂ ਕੀਤਾ। ਅੱਲਾਹ ਤੁਹਾਨੂੰ ਲੋਕਾਂ ਦੀਆਂ ਸ਼ਰਾਰਤਾਂ ਤੋਂ ਬਚਾਉਣ ਵਾਲਾ ਹੈ। ਬੇਸ਼ੱਕ ਅੱਲਾਹ ਕਾਫ਼ਿਰਾਂ ਨੂੰ ਸੇਧ ਨਹੀਂ ਦਿੰਦਾ।

يَٰٓأَيُّهَا ٱلرَّسُولُ بَلِّغْ مَآ أُنزِلَ إِلَيْكَ مِن
رَّبِّكَ ۖ وَإِن لَّمْ تَفْعَلْ فَمَا بَلَّغْتَ رِسَالَتَهُۥ ۚ
وَٱللَّهُ يَعْصِمُكَ مِنَ ٱلنَّاسِ ۗ إِنَّ ٱللَّهَ
لَا يَهْدِى ٱلْقَوْمَ ٱلْكَٰفِرِينَ ﴿٦٧﴾

68. (ਹੇ ਨਬੀ!) ਤੁਸੀਂ ਕਹਿ ਦਿਓ! ਹੇ ਅਹਲੇ ਕਿਤਾਬ! ਤੁਸੀਂ ਅਸਲੀ ਧਰਮ ਉੱਤੇ ਕਦੇ ਵੀ ਕਾਇਮ ਨਹੀਂ ਰਹਿ ਸਕਦੇ ਜਦ ਤਕ ਕਿ ਤੁਸੀਂ ਤੌਰੈਤ, ਇੰਜੀਲ ਅਤੇ ਆਪਣੇ ਰੱਬ ਵੱਲੋਂ ਉਤਾਰੀਆਂ ਹੋਈਆਂ ਦੂਜੀਆਂ ਕਿਤਾਬਾਂ ਦੇ ਆਦੇਸ਼ਾਂ ਦੀ ਪਾਲਣਾ ਨਹੀਂ ਕਰੋਗੇ। ਹਕੀਕਤ ਇਹ ਹੈ ਜੋ ਕੁੱਝ ਤੁਹਾਡੇ ਵੱਲ ਤੁਹਾਡੇ ਰੱਬ ਨੇ ਉਤਾਰਿਆ ਹੈ, ਇਹ ਇਹਨਾਂ (ਅਹਲੇ ਕਿਤਾਬ) ਦੇ ਬਹੁਤੇ ਲੋਕਾਂ ਦੀ ਸਰਕਸ਼ੀ ਤੇ ਕੁਫ਼ਰ ਵਿਚ ਵਾਧੇ ਦਾ ਕਾਰਨ ਬਣਿਆ ਹੈ, ਸੋ ਤੁਸੀਂ ਕਾਫ਼ਿਰਾਂ ਦੇ ਹਾਲ ਉੱਤੇ ਦੁਖੀ ਨਾ ਹੋਵੋ।

قُلْ يَٰٓأَهْلَ ٱلْكِتَٰبِ لَسْتُمْ عَلَىٰ شَىْءٍ حَتَّىٰ تُقِيمُوا۟
ٱلتَّوْرَىٰةَ وَٱلْإِنجِيلَ وَمَآ أُنزِلَ إِلَيْكُم مِّن رَّبِّكُمْ ۗ
وَلَيَزِيدَنَّ كَثِيرًا مِّنْهُم مَّآ أُنزِلَ إِلَيْكَ مِن
رَّبِّكَ طُغْيَٰنًا وَكُفْرًا ۖ فَلَا تَأْسَ عَلَى
ٱلْقَوْمِ ٱلْكَٰفِرِينَ ﴿٦٨﴾

69. ਬੇਸ਼ੱਕ ਜਿਹੜੇ ਲੋਕ ਵੀ ਈਮਾਨ ਲਿਆਏ ਭਾਵੇਂ ਉਹ ਯਹੂਦੀ, ਸਾਬੀ ਤੇ ਨਸਰਾਨੀ ਹਨ, ਇਹਨਾਂ ਵਿੱਚੋਂ ਜਿਹੜਾ ਵੀ ਅੱਲਾਹ ਅਤੇ ਕਿਆਮਤ ਉੱਤੇ ਈਮਾਨ ਰੱਖੇਗਾ ਅਤੇ ਨੇਕ ਕੰਮ ਵੀ ਕਰੇਗਾ, ਉਹਨਾਂ ਨੂੰ (ਕਿਆਮਤ ਦਿਹਾੜੇ) ਨਾ ਕੋਈ ਡਰ ਹੋਵੇਗਾ ਅਤੇ ਨਾ ਹੀ ਉਹਨਾਂ ਨੂੰ ਕੋਈ ਦੁੱਖ ਹੋਵੇਗਾ।

إِنَّ ٱلَّذِينَ ءَامَنُوا۟ وَٱلَّذِينَ هَادُوا۟ وَٱلصَّٰبِـُٔونَ
وَٱلنَّصَٰرَىٰ مَنْ ءَامَنَ بِٱللَّهِ وَٱلْيَوْمِ ٱلْءَاخِرِ وَعَمِلَ
صَٰلِحًا فَلَا خَوْفٌ عَلَيْهِمْ وَلَا هُمْ يَحْزَنُونَ ﴿٦٩﴾

70. ਅਸੀਂ ਇਸਰਾਈਲ ਦੀ ਸੰਤਾਨ ਤੋਂ ਰੱਬੀ ਹੁਕਮਾਂ ਦੀ ਪਾਲਣਾ ਕਰਨ ਦਾ ਪੱਕਾ ਵਾਅਦਾ ਲਿਆ ਸੀ ਅਤੇ ਉਹਨਾਂ ਵੱਲ ਕਈ ਰਸੂਲ ਭੇਜੇ ਸੀ, ਪਰ ਜਦੋਂ ਕਦੇ ਉਹ ਰਸੂਲ ਉਹਨਾਂ ਕੋਲ ਉਹ ਚੀਜ਼ ਲੈਕੇ ਆਏ, ਜਿਹਨਾਂ ਨੂੰ ਉਹ ਨਾਪਸੰਦ ਕਰਦੇ ਸਨ, ਤਾਂ ਕੁੱਝ

لَقَدْ أَخَذْنَا مِيثَٰقَ بَنِىٓ إِسْرَٰٓءِيلَ وَأَرْسَلْنَآ
إِلَيْهِمْ رُسُلًا ۖ كُلَّمَا جَآءَهُمْ رَسُولٌۢ بِمَا
لَا تَهْوَىٰٓ أَنفُسُهُمْ فَرِيقًا كَذَّبُوا۟ وَفَرِيقًا
يَقْتُلُونَ ﴿٧٠﴾ ع 10

ਨਬੀਆਂ ਨੂੰ ਉਹਨਾਂ ਨੇ ਝੁਠਲਾਇਆ ਅਤੇ ਕਈਆਂ ਨੂੰ ਉਹ ਕਤਲ ਹੀ ਕਰ ਦਿੰਦੇ ਸਨ।

71. ਅਤੇ ਉਹ ਇੰਜ ਸਮਝਦੇ ਸੀ ਕਿ ਉਹਨਾਂ ਦੀ ਕੋਈ ਪਕੜ ਨਹੀਂ ਹੋਵੇਗੀ, ਸੋ ਉਹ ਅੰਨ੍ਹੇ-ਬੋਲੇ ਹੋ ਗਏ। ਫੇਰ ਅੱਲਾਹ ਉਹਨਾਂ ਉੱਤੇ ਮਿਹਰਬਾਨ ਹੋ ਗਿਆ ਭਾਵ ਮੁਆਫ਼ ਕਰ ਦਿੱਤਾ। ਫੇਰ ਵੀ ਉਹਨਾਂ ਦੀ ਬਹੁ ਗਿਣਤੀ ਅੰਨ੍ਹੀ ਤੇ ਬੋਲੀ ਹੀ ਬਣੀ ਰਹੀ। ਅੱਲਾਹ ਚੰਗੀ ਤਰ੍ਹਾਂ ਵੇਖਣ ਵਾਲਾ ਹੈ ਜੋ ਉਹ ਕਰਦੇ ਹਨ।

وَحَسِبُوٓا أَلَّا تَكُونَ فِتْنَةٌ فَعَمُوا وَصَمُّوا
ثُمَّ تَابَ ٱللَّهُ عَلَيْهِمْ ثُمَّ عَمُوا وَصَمُّوا
كَثِيرٌ مِّنْهُمْ ۚ وَٱللَّهُ بَصِيرٌۢ بِمَا يَعْمَلُونَ ﴿71﴾

72 ਬੇਸ਼ੱਕ ਉਹਨਾਂ ਲੋਕਾਂ ਨੇ ਕੁਫ਼ਰ ਕੀਤਾ ਜਿਨ੍ਹਾਂ ਦਾ ਕਹਿਣਾ ਸੀ ਕਿ ਬੇਸ਼ੱਕ ਅੱਲਾਹ ਤਾਂ ਮਰੀਅਮ ਦਾ ਪੁੱਤਰ ਮਸੀਹ ਹੀ ਹੈ। ਜਦੋਂ ਕਿ ਮਸੀਹ ਨੇ ਇਹ ਕਿਹਾ ਸੀ ਕਿ ਹੇ ਬਨੀ ਇਸਰਾਈਲ। ਤੁਸੀਂ ਅੱਲਾਹ ਦੀ ਹੀ ਇਬਾਦਤ ਕਰੋ, ਜਿਹੜਾ ਮੇਰਾ ਤੇ ਤੁਹਾਡਾ ਰੱਬ ਹੈ। ਜਿਹੜਾ ਵਿਅਕਤੀ ਅੱਲਾਹ ਨਾਲ ਕਿਸੇ ਹੋਰ ਨੂੰ ਸਾਂਝੀ ਬਣਾਉਂਦਾ ਹੈ ਉਸ ਲਈ ਅੱਲਾਹ ਨੇ ਜੰਨਤ ਹਰਾਮ ਕਰ ਛੱਡੀ ਹੈ ਤੇ ਉਸ ਦਾ ਟਿਕਾਣਾ ਨਰਕ ਹੈ। ਜਿੱਥੇ ਗੁਨਾਹਗਾਰਾਂ ਦੀ ਮਦਦ ਕਰਨ ਵਾਲਾ ਕੋਈ ਨਹੀਂ ਹੋਵੇਗਾ।[1]

لَقَدْ كَفَرَ ٱلَّذِينَ قَالُوٓا إِنَّ ٱللَّهَ هُوَ ٱلْمَسِيحُ
ٱبْنُ مَرْيَمَ ۖ وَقَالَ ٱلْمَسِيحُ يَٰبَنِىٓ إِسْرَٰٓءِيلَ
ٱعْبُدُوا ٱللَّهَ رَبِّى وَرَبَّكُمْ ۖ إِنَّهُۥ مَن يُشْرِكْ بِٱللَّهِ
فَقَدْ حَرَّمَ ٱللَّهُ عَلَيْهِ ٱلْجَنَّةَ وَمَأْوَىٰهُ ٱلنَّارُ ۖ
وَمَا لِلظَّٰلِمِينَ مِنْ أَنصَارٍ ﴿72﴾

73. ਉਹ ਲੋਕ ਵੀ ਕਾਫ਼ਿਰ ਹੋ ਗਏ ਜਿਨ੍ਹਾਂ ਨੇ ਕਿਹਾ ਸੀ ਕਿ ਅੱਲਾਹ ਤਿੰਨਾਂ (ਭਾਵ ਮਰੀਅਮ, ਈਸਾ ਤੇ ਅੱਲਾਹ) ਵਿੱਚੋਂ ਇਕ ਹੈ। ਜਦ ਕਿ ਇਕ ਇਸ਼ਟ ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ। ਜੇ ਕਰ ਇਹ ਲੋਕ ਆਪਣੀ ਇਸ ਗੱਲ ਤੋਂ ਬਾਜ਼ ਨਾ ਆਏ ਤਾਂ ਇਹਨਾਂ ਵਿਚ ਜਿਹੜੇ ਕੁਫ਼ਰ 'ਤੇ ਅੜੇ ਰਹਿਣਗੇ ਉਹਨਾਂ ਨੂੰ ਦੁਖਦਾਈ ਅਜ਼ਾਬ ਮਿਲੇਗਾ।

لَقَدْ كَفَرَ ٱلَّذِينَ قَالُوٓا إِنَّ ٱللَّهَ ثَالِثُ
ثَلَٰثَةٍ ۘ وَمَا مِنْ إِلَٰهٍ إِلَّآ إِلَٰهٌ وَٰحِدٌ ۚ وَإِن لَّمْ
يَنتَهُوا عَمَّا يَقُولُونَ لَيَمَسَّنَّ ٱلَّذِينَ كَفَرُوا
مِنْهُمْ عَذَابٌ أَلِيمٌ ﴿73﴾

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 165/2

أَفَلَا يَتُوبُونَ إِلَى اللَّهِ وَيَسْتَغْفِرُونَهُ ۚ
وَاللَّهُ غَفُورٌ رَّحِيمٌ 74

74. ਫੇਰ ਵੀ ਇਹ ਲੋਕ ਅੱਲਾਹ ਅੱਗੇ ਤੌਬਾ ਨਹੀਂ ਕਰਦੇ ਅਤੇ ਉਸ ਤੋਂ ਖ਼ਿਮਾ ਨਹੀਂ ਮੰਗਦੇ? ਅੱਲਾਹ ਤਾਂ ਬਹੁਤ ਹੀ ਵੱਡਾ ਬਖ਼ਸ਼ਣਹਾਰ ਅਤੇ ਬਹੁਤ ਹੀ ਮਿਹਰਬਾਨ ਹੈ।[1]

مَّا الْمَسِيحُ ابْنُ مَرْيَمَ إِلَّا رَسُولٌ قَدْ خَلَتْ
مِن قَبْلِهِ الرُّسُلُ وَأُمُّهُ صِدِّيقَةٌ ۖ
كَانَا يَأْكُلَانِ الطَّعَامَ ۗ انظُرْ كَيْفَ نُبَيِّنُ
لَهُمُ الْآيَاتِ ثُمَّ انظُرْ أَنَّىٰ يُؤْفَكُونَ 75

75. ਮਸੀਹ ਇਬਨੇ ਮਰੀਅਮ ਇਕ ਪੈਗ਼ੰਬਰ ਹੋਣ ਤੋਂ ਛੁੱਟ ਕੁੱਝ ਵੀ ਨਹੀਂ ਸੀ ਇਹਨਾਂ ਤੋਂ ਪਹਿਲਾਂ ਵੀ ਵਧੇਰੇ ਪੈਗ਼ੰਬਰ ਹੋ ਗੁਜ਼ਰੇ ਹਨ। ਇਹਨਾਂ (ਈਸਾ) ਦੀ ਮਾਤਾ (ਮਰੀਅਮ) ਇਕ ਸੱਚੀ-ਸੁੱਚੀ ਔਰਤ ਸੀ, ਉਹ ਦੋਵੇਂ (ਮਾਂ-ਪੁੱਤਰ) ਭੋਜਨ ਕਰਿਆ ਕਰਦੇ ਸਨ। ਵੇਖੋ ਅਸੀਂ ਇਹਨਾਂ ਸਾਹਮਣੇ ਕਿਵੇਂ ਨਿਸ਼ਾਨੀਆਂ (ਮਨੁੱਖ ਹੋਣ ਦੀਆਂ) ਬਿਆਨ ਕਰਦੇ ਹਾਂ, ਫੇਰ ਵੀ ਵੇਖੋ ਕਿ ਉਹ ਕਿੱਧਰ ਪੁੱਠੇ ਫਿਰੇ ਜਾਂਦੇ ਹਨ।

قُلْ أَتَعْبُدُونَ مِن دُونِ اللَّهِ مَا لَا يَمْلِكُ
لَكُمْ ضَرًّا وَلَا نَفْعًا ۚ وَاللَّهُ هُوَ السَّمِيعُ
الْعَلِيمُ 76

76. (ਹੇ ਨਬੀ!) ਤੁਸੀਂ ਆਖ ਦਿਓ! ਤੁਸੀਂ ਲੋਕ ਅੱਲਾਹ ਨੂੰ ਛੱਡ ਕੇ ਜਿਨ੍ਹਾਂ ਦੀ ਇਬਾਦਤ ਕਰਦੇ ਹੋ ਉਹ ਨਾ ਤਾਂ ਤੁਹਾਡੇ ਲਈ ਕੋਈ ਨੁਕਸਾਨ ਅਤੇ ਨਾ ਹੀ ਕੋਈ ਲਾਭ ਦੇਣ ਦਾ ਅਧਿਕਾਰ ਰੱਖਦੇ ਹਨ। ਅੱਲਾਹ ਹੀ ਸਭ ਕੁੱਝ ਸੁਣਨ ਵਾਲਾ ਅਤੇ ਜਾਣਨ ਵਾਲਾ ਹੈ।

قُلْ يَا أَهْلَ الْكِتَابِ لَا تَغْلُوا فِي دِينِكُمْ
غَيْرَ الْحَقِّ وَلَا تَتَّبِعُوا أَهْوَاءَ قَوْمٍ قَدْ
ضَلُّوا مِن قَبْلُ وَأَضَلُّوا كَثِيرًا وَضَلُّوا
عَن سَوَاءِ السَّبِيلِ 77

77. ਆਖ ਦਿਓ ਕਿ ਹੇ ਅਹਲੇ ਕਿਤਾਬ! ਆਪਣੇ ਦੀਨ ਵਿਚ ਅਣ-ਹੱਕਾ ਵਾਧਾ ਨਾ ਕਰੋ ਅਤੇ ਉਹਨਾਂ ਲੋਕਾਂ ਦੀਆਂ ਇੱਛਾਵਾਂ ਦੇ ਪਿੱਛੇ ਨਾ ਲੱਗੋ ਜਿਹੜੇ ਪਹਿਲਾਂ ਤੋਂ ਹੀ ਭਟਕੇ ਹੋਏ ਹਨ, ਉਹਨਾਂ ਨੇ ਬਥੇਰਿਆਂ ਨੂੰ ਕੁਰਾਹੇ ਪਾਇਆ ਹੈ, ਉਹ ਸਿੱਧੀ ਰਾਹ ਤੋਂ ਭਟਕੇ ਹੋਏ ਹਨ।

لُعِنَ الَّذِينَ كَفَرُوا مِن بَنِي إِسْرَائِيلَ عَلَىٰ
لِسَانِ دَاوُودَ وَعِيسَى ابْنِ مَرْيَمَ ۚ ذَٰلِكَ
بِمَا عَصَوا وَّكَانُوا يَعْتَدُونَ 78

78. ਬਨੀ ਇਸਰਾਈਲ ਵਿੱਚੋਂ ਜਿਹੜੇ ਕਾਫ਼ਿਰ ਬਣ ਗਏ ਉਹਨਾਂ ਉੱਤੇ ਦਾਊਦ ਅਤੇ ਈਸਾ ਦੀ ਜ਼ਬਾਨ ਤੋਂ ਲਾਅਨਤ ਕੀਤੀ ਗਈ, ਇਹ ਸਭ ਇਸ ਲਈ ਹੋਇਆ ਕਿਉਂ ਜੋ ਉਹਨਾਂ ਨੇ ਨਾ-ਫ਼ਰਮਾਨੀ ਕੀਤੀ ਅਤੇ ਹੱਦੋਂ ਟੱਪ ਜਾਂਦੇ ਸਨ।

---

[1] ਅੱਲਾਹ ਤੌਬਾ ਕਰਨ ਵਾਲੇ ਤੋਂ ਕਿੰਨਾ ਖ਼ੁਸ਼ ਹੁੰਦਾ ਹੈ ਇਸ ਦਾ ਪਤਾ ਇਕ ਹਦੀਸ ਤੋਂ ਲੱਗਦਾ ਹੈ ਕਿ ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ ਅੱਲਾਹ ਆਪਣੇ ਬੰਦੇ ਦੀ ਤੌਬਾ ਕਰਨ 'ਤੇ ਇਸ ਤੋਂ ਕਿਤੇ ਵੱਧ ਖ਼ੁਸ਼ ਹੁੰਦਾ ਹੈ ਕਿ ਜਿਸ ਦਾ ਊਠ ਜੰਗਲ ਵਿਚ ਖੋ ਜਾਵੇ ਫੇਰ ਅਚਣਚੇਤ ਉਸ ਨੂੰ ਮਿਲ ਜਾਵੇ (ਸਹੀ ਬੁਖ਼ਾਰੀ, ਹਦੀਸ 6309)

79. ਉਹ ਇਕ ਦੂਜੇ ਨੂੰ ਭੈੜੇ ਕੰਮਾਂ ਤੋਂ ਰੋਕਦੇ ਨਹੀਂ ਸੀ, ਕਿਉਂ ਜੋ ਉਹਨਾਂ ਨੇ ਉਹ ਕੰਮ ਖ਼ੁਦ ਵੀ ਕੀਤਾ ਹੁੰਦਾ ਸੀ ਜੋ ਵੀ ਉਹ ਕਰਦੇ ਸਨ, ਬੇਸ਼ੱਕ ਉਹ ਬਹੁਤ ਹੀ ਬੁਰਾ ਕਰਦੇ ਸਨ।

كَانُوا لَا يَتَنَاهَوْنَ عَن مُّنكَرٍ فَعَلُوهُ ۚ لَبِئْسَ مَا كَانُوا يَفْعَلُونَ ٧٩

80. ਤੁਸੀਂ ਇਹਨਾਂ ਵਿਚ ਬਹੁਤੇ ਲੋਕਾਂ ਨੂੰ ਵੇਖੋਗੇ ਕਿ ਉਹ ਉਹਨਾਂ ਲੋਕਾਂ ਨਾਲ ਦੋਸਤੀਆਂ ਕਰਦੇ ਹਨ ਜੋ ਕੁਫ਼ਰ ਕਰਦੇ ਸਨ। ਜੋ ਵੀ ਉਹਨਾਂ ਦੇ ਮਨਾਂ ਨੇ ਅੱਗੇ (ਪਰਲੋਕ ਲਈ) ਭੇਜਿਆ ਹੈ, ਉਹ ਬਹੁਤ ਹੀ ਬੁਰਾ ਹੈ, ਅੱਲਾਹ ਇਹਨਾਂ ਤੋਂ ਨਰਾਜ਼ ਹੈ, ਹੁਣ ਉਹ ਸਦਾ (ਨਰਕ ਦੇ) ਅਜ਼ਾਬ ਵਿਚ ਹੀ ਰਹਿਣਗੇ।

تَرَىٰ كَثِيرًا مِّنْهُمْ يَتَوَلَّوْنَ الَّذِينَ كَفَرُوا ۚ لَبِئْسَ مَا قَدَّمَتْ لَهُمْ أَنفُسُهُمْ أَن سَخِطَ اللَّهُ عَلَيْهِمْ وَفِي الْعَذَابِ هُمْ خَالِدُونَ ٨٠

81. ਜੇ ਇੰਜ ਹੁੰਦਾ ਕਿ ਉਹ ਅੱਲਾਹ ਅਤੇ ਉਸ ਦੇ ਰਸੂਲ 'ਤੇ ਈਮਾਨ ਲਿਆਉਂਦੇ ਅਤੇ ਜੋ ਵੀ ਉਸ 'ਤੇ ਉਤਾਰਿਆ ਗਿਆ ਹੈ, ਉਸ 'ਤੇ ਈਮਾਨ ਰਖਦੇ ਤਾਂ ਇਹ ਕਦੇ ਵੀ ਕਾਫ਼ਿਰਾਂ ਨਾਲ ਦੋਸਤੀਆਂ ਨਾ ਕਰਦੇ। ਪਰ ਇਹਨਾਂ ਵਿੱਚੋਂ ਬਹੁਤੇ ਲੋਕ ਤਾਂ ਉਲੰਘਣਾਕਾਰੀ ਹਨ।

وَلَوْ كَانُوا يُؤْمِنُونَ بِاللَّهِ وَالنَّبِيِّ وَمَا أُنزِلَ إِلَيْهِ مَا اتَّخَذُوهُمْ أَوْلِيَاءَ وَلَٰكِنَّ كَثِيرًا مِّنْهُمْ فَاسِقُونَ ٨١

82. (ਹੇ ਨਬੀ!) ਬੇਸ਼ੱਕ ਤੁਸੀਂ ਈਮਾਨ ਵਾਲਿਆਂ ਦਾ ਸਭ ਤੋਂ ਵੱਡਾ ਦੁਸ਼ਮਨ ਯਹੂਦੀਆਂ ਨੂੰ ਅਤੇ ਮੁਸ਼ਰਿਕਾਂ[1] ਨੂੰ ਵੇਖੋਗੇ ਅਤੇ ਈਮਾਨ ਵਾਲਿਆਂ ਨਾਲ ਮਿੱਤਰਤਾ ਵਿਚ ਸਭ ਤੋਂ ਵੱਧ ਨੇੜਲਾ ਤੁਸੀਂ ਉਹਨਾਂ 'ਚ ਵੇਖੋਗੇ ਜਿਹੜੇ ਆਪਣੇ ਆਪ ਨੂੰ ਨਸਾਰਾ (ਈਸਾਈ) ਕਹਿੰਦੇ ਹਨ। ਇਹ ਇਸ ਲਈ ਕਿ ਇਹਨਾਂ 'ਚ ਕੁੱਝ ਧਰਮ-ਗਿਆਨੀ ਤੇ ਇਬਾਦਤ ਗੁਜ਼ਾਰ ਹਨ ਅਤੇ ਕੁੱਝ ਸੰਸਾਰ ਤਿਆਗੀ ਵੀ ਹਨ ਅਤੇ ਉਹ ਘਮੰਡ ਵੀ ਨਹੀਂ ਕਰਦੇ।

لَتَجِدَنَّ أَشَدَّ النَّاسِ عَدَاوَةً لِّلَّذِينَ آمَنُوا الْيَهُودَ وَالَّذِينَ أَشْرَكُوا ۖ وَلَتَجِدَنَّ أَقْرَبَهُم مَّوَدَّةً لِّلَّذِينَ آمَنُوا الَّذِينَ قَالُوا إِنَّا نَصَارَىٰ ۚ ذَٰلِكَ بِأَنَّ مِنْهُمْ قِسِّيسِينَ وَرُهْبَانًا وَأَنَّهُمْ لَا يَسْتَكْبِرُونَ ٨٢

1 ਮੁਸ਼ਰਿਕ ਤੋਂ ਭਾਵ ਕਈ ਬੁਤਾਂ ਨੂੰ ਮੰਨਣ ਵਾਲਾ, ਬੁਤਪ੍ਰਸਤ ਅਤੇ ਅੱਲਾਹ ਦੇ ਇਕ ਹੋਣ ਤੇ ਉਸ ਦੇ ਰਸੂਲ ਮੁਹੰਮਦ (ਸ:) 'ਤੇ ਈਮਾਨ ਨਾ ਰੱਖਣ ਵਾਲੇ।

83 ਜਦੋਂ ਉਹ (ਨਸਾਰਾ) ਰਸੂਲ ਵੱਲ ਉਤਰਿਆ ਹੋਇਆ ਕਲਾਮ (ਕੁਰਆਨ) ਸੁਣਦੇ ਹਨ ਤਾਂ ਤੁਸੀਂ ਵੇਖੋਗੇ ਕਿ ਉਹਨਾਂ ਦੀਆਂ ਅੱਖਾਂ ਵਿੱਚੋਂ ਅਥਰੂ ਵਗਣ ਲੱਗ ਜਾਂਦੇ ਹਨ। ਇਸ ਦਾ ਕਾਰਨ ਇਹ ਹੈ ਕਿ ਉਹਨਾਂ ਨੇ ਹੱਕ ਨੂੰ ਪਛਾਣ ਲਿਆ ਹੈ। ਉਹ ਕਹਿੰਦੇ ਹਨ ਕਿ ਹੇ ਸਾਡੇ ਰੱਬ! ਅਸੀਂ ਈਮਾਨ ਲਿਆਏ ਸੋ ਹੁਣ ਤੂੰ ਸਾਡਾ ਨਾਂ ਵੀ (ਹੱਕ ਦੀ) ਗਵਾਹੀ ਦੇਣ ਵਾਲਿਆਂ ਵਿਚ ਲਿਖ ਲੈ।

وَإِذَا سَمِعُوا مَا أُنزِلَ إِلَى الرَّسُولِ تَرَىٰ
أَعْيُنَهُمْ تَفِيضُ مِنَ الدَّمْعِ مِمَّا عَرَفُوا مِنَ الْحَقِّ ۖ
يَقُولُونَ رَبَّنَا آمَنَّا فَاكْتُبْنَا مَعَ الشَّاهِدِينَ ٨٣

84 (ਅਤੇ ਕਹਿੰਦੇ ਹਨ ਕਿ) ਹੁਣ ਸਾਡੇ ਕੋਲ ਕਿਹੜਾ ਬਹਾਨਾ ਹੈ ਕਿ ਅਸੀਂ ਅੱਲਾਹ 'ਤੇ ਅਤੇ ਜਿਹੜਾ ਹੱਕ (ਕੁਰਆਨ) ਸਾਡੇ ਕੋਲ ਪਹੁੰਚਿਆ ਹੈ ਉਸ 'ਤੇ ਈਮਾਨ ਨਾ ਲਿਆਏ ਅਤੇ ਸਾਨੂੰ ਇਸ ਗੱਲ ਦੀ ਵੀ ਆਸ ਰੱਖਣੀ ਚਾਹੀਦੀ ਹੈ ਕਿ ਸਾਡਾ ਰੱਬ ਸਾਨੂੰ ਨੇਕ ਲੋਕਾਂ ਵਿਚ ਸ਼ਾਮਲ ਕਰੇਗਾ।

وَمَا لَنَا لَا نُؤْمِنُ بِاللَّهِ وَمَا جَاءَنَا مِنَ الْحَقِّ
وَنَطْمَعُ أَن يُدْخِلَنَا رَبُّنَا مَعَ الْقَوْمِ الصَّالِحِينَ ٨٤

85 ਇਸੇ ਕਥਨ ਸਦਕਾ ਅੱਲਾਹ ਉਹਨਾਂ ਨੂੰ ਅਜਿਹੇ ਬਾਗ਼ ਦੇਵੇਗਾ ਜਿਸ ਦੇ ਹੇਠ ਨਹਿਰਾਂ ਵਗਦੀਆਂ ਹੋਣਗੀਆਂ ਅਤੇ ਉਹ ਉਹਨਾਂ ਵਿਚ ਸਦਾ ਲਈ ਰਹਿਣਗੇ ਅਤੇ ਨੇਕ ਲੋਕਾਂ ਦਾ ਇਹੋ ਬਦਲਾ ਹੈ।

فَأَثَابَهُمُ اللَّهُ بِمَا قَالُوا جَنَّاتٍ تَجْرِي مِن تَحْتِهَا
الْأَنْهَارُ خَالِدِينَ فِيهَا ۚ وَذَٰلِكَ جَزَاءُ الْمُحْسِنِينَ ٨٥

86 ਅਤੇ ਜਿਹੜੇ ਲੋਕ ਕੁਫ਼ਰ ਕਰਦੇ ਰਹੇ ਅਤੇ ਸਾਡੀਆਂ ਆਇਤਾਂ ਨੂੰ ਝੁਠਲਾਉਂਦੇ ਰਹੇ, ਉਹੀਓ ਨਰਕੀ ਹਨ।

وَالَّذِينَ كَفَرُوا وَكَذَّبُوا بِآيَاتِنَا أُولَٰئِكَ أَصْحَابُ
الْجَحِيمِ ٨٦

87 ਹੇ ਈਮਾਨ ਵਾਲਿਓ! ਅੱਲਾਹ ਨੇ ਜਿਹੜੀਆਂ ਪਵਿੱਤਰ ਚੀਜ਼ਾਂ ਤੁਹਾਡੇ ਲਈ ਹਲਾਲ (ਜਾਇਜ਼) ਕੀਤੀਆਂ ਹਨ, ਤੁਸੀਂ ਉਹਨਾਂ ਨੂੰ ਹਰਾਮ (ਨਾ-ਜਾਇਜ਼) ਨਾ ਆਖੋ ਅਤੇ ਹੱਦੋਂ ਨਾ ਟੱਪੋ। ਬੇਸ਼ੱਕ ਅੱਲਾਹ ਹੱਦਾਂ ਟੱਪਣ ਵਾਲਿਆਂ ਨੂੰ ਨਾਪਸੰਦ ਕਰਦਾ ਹੈ।

يَا أَيُّهَا الَّذِينَ آمَنُوا لَا تُحَرِّمُوا طَيِّبَاتِ
مَا أَحَلَّ اللَّهُ لَكُمْ وَلَا تَعْتَدُوا ۚ إِنَّ اللَّهَ
لَا يُحِبُّ الْمُعْتَدِينَ ٨٧

88. ਅੱਲਾਹ ਨੇ ਤੁਹਾਨੂੰ ਜੋ ਹਲਾਲ ਤੇ ਪਾਕ ਰਿਜ਼ਕ (ਰੋਜ਼ੀ) ਦਿੱਤਾ ਹੈ ਉਸ ਵਿੱਚੋਂ ਖਾਓ ਅਤੇ ਅੱਲਾਹ ਤੋਂ ਡਰੋ ਜਿਸ ਉੱਤੇ ਤੁਸੀਂ ਈਮਾਨ ਰੱਖਦੇ ਹੋ।

وَكُلُوا مِمَّا رَزَقَكُمُ اللَّهُ حَلَالًا طَيِّبًا ۚ وَاتَّقُوا
اللَّهَ الَّذِي أَنتُم بِهِ مُؤْمِنُونَ ﴿٨٨﴾

89. ਅੱਲਾਹ ਤੁਹਾਡੀਆਂ ਬਿਨਾਂ ਸੋਚੇ ਸਮਝੇ ਖਾਧੀਆਂ ਹੋਈਆਂ ਕਸਮਾਂ ਲਈ ਤੁਹਾਡੀ ਪਕੜ ਨਹੀਂ ਕਰੇਗਾ ਪਰ ਉਹਨਾਂ ਕਸਮਾਂ 'ਤੇ ਅਵੱਸ਼ ਪੁੱਛ-ਗਿੱਛ ਕਰੇਗਾ ਜਿਹੜੀਆਂ ਤੁਸੀਂ (ਸੋਚ ਸਮਝ ਕੇ) ਪੱਕੀਆਂ ਕੀਤੀਆਂ ਹਨ। (ਪੱਕੀਆਂ ਕਸਮਾਂ ਭੰਗ ਕਰਨ 'ਤੇ) ਦਸ ਮੁਥਾਜਾਂ ਨੂੰ ਭੋਜਨ ਕਰਾਉਣਾ ਹੈ ਜਿਹਾ ਤੁਸੀਂ ਆਪਣੇ ਪਰਿਵਾਰ ਨੂੰ ਖੁਆਂਦੇ ਹੋ ਜਾਂ ਉਹਨਾਂ ਨੂੰ ਕੱਪੜਾ ਦੇਣਾ ਜਾਂ ਇਕ ਗਰਦਨ ਭਾਵ ਗ਼ੁਲਾਮ ਆਜ਼ਾਦ ਕਰਨਾ ਹੈ। ਫੇਰ ਜਿਹੜਾ ਇਹਨਾਂ ਵਿੱਚੋਂ ਕੁੱਝ ਵੀ ਕਰਨ ਦੀ ਹਿੰਮਤ ਨਾ ਰੱਖਦਾ ਹੋਵੇ ਤਾਂ ਉਹ ਤਿੰਨ ਦਿਨ ਦੇ ਰੋਜ਼ੇ (ਲਗਾਤਾਰ) ਰੱਖੇ। ਇਹ ਤੁਹਾਡੀਆਂ ਉਹਨਾਂ ਕਸਮਾਂ ਦਾ ਕੁੱਫ਼ਾਰਾ (ਭਾਵ ਪਾਪ ਨੂੰ ਢਕਣ ਦਾ ਸਾਧਨ) ਹੈ ਜਿਹਨਾਂ ਨੂੰ ਤੁਸੀਂ ਤੋੜ ਬੈਠਦੇ ਹੋ। ਤੁਸੀਂ ਆਪਣੀਆਂ ਕਸਮਾਂ ਦੀ ਰਾਖੀ ਕਰੋ। ਅੱਲਾਹ ਤੁਹਾਨੂੰ ਸਾਰੇ ਆਦੇਸ਼ ਖੋਲ੍ਹ ਖੋਲ੍ਹ ਕੇ ਦੱਸਦਾ ਹੈ ਤਾਂ ਜੋ ਤੁਸੀਂ ਸ਼ੁਕਰ ਅਦਾ ਕਰੋ।

لَا يُؤَاخِذُكُمُ اللَّهُ بِاللَّغْوِ فِي أَيْمَانِكُمْ وَلَٰكِن
يُؤَاخِذُكُم بِمَا عَقَّدتُّمُ الْأَيْمَانَ ۖ فَكَفَّارَتُهُ
إِطْعَامُ عَشَرَةِ مَسَاكِينَ مِنْ أَوْسَطِ مَا تُطْعِمُونَ
أَهْلِيكُمْ أَوْ كِسْوَتُهُمْ أَوْ تَحْرِيرُ رَقَبَةٍ ۖ فَمَن لَّمْ
يَجِدْ فَصِيَامُ ثَلَاثَةِ أَيَّامٍ ۚ ذَٰلِكَ كَفَّارَةُ أَيْمَانِكُمْ
إِذَا حَلَفْتُمْ ۚ وَاحْفَظُوا أَيْمَانَكُمْ ۚ كَذَٰلِكَ
يُبَيِّنُ اللَّهُ لَكُمْ آيَاتِهِ لَعَلَّكُمْ تَشْكُرُونَ ﴿٨٩﴾

90. ਹੇ ਈਮਾਨ ਵਾਲਿਓ! ਬੇਸ਼ੱਕ ਸ਼ਰਾਬ, ਜੂਆ, ਅਸਥਾਨ ਤੇ ਫ਼ਾਲਗਿਰੀ ਦੇ ਤੀਰ, ਇਹ ਸਾਰੇ ਗੰਦੇ ਕੰਮ ਹਨ ਅਤੇ ਸ਼ੈਤਾਨੀ ਕੰਮਾਂ ਵਿੱਚੋਂ ਹਨ

يَا أَيُّهَا الَّذِينَ آمَنُوا إِنَّمَا الْخَمْرُ وَالْمَيْسِرُ
وَالْأَنصَابُ وَالْأَزْلَامُ رِجْسٌ مِّنْ عَمَلِ
الشَّيْطَانِ فَاجْتَنِبُوهُ لَعَلَّكُمْ تُفْلِحُونَ ﴿٩٠﴾

---

1 ਭਾਵ ਕਸਮਾਂ ਸੋਚ ਸਮਝ ਕੇ ਹੀ ਖਾਣੀਆਂ ਚਾਹੀਦੀਆਂ ਹਨ, ਜੇ ਕਸਮ ਖਾ ਲੈਣ ਤੋਂ ਬਾਅਦ ਉਸ ਦੇ ਸਿੱਟੇ ਮੰਦੇ ਹੋਣ ਦਾ ਖ਼ਤਰਾ ਹੋਵੇ ਤਾਂ ਕਸਮ ਨੂੰ ਤੋੜ ਦੇਣਾ ਚਾਹੀਦਾ ਹੈ। ਨਬੀ ਕਰੀਮ (ਸ:) ਨੇ ਫ਼ਰਮਾਇਆ ਕਿ ਅਸੀਂ (ਉੱਮਤੇ ਮੁਹੰਮਦੀਆ) ਇਸ ਦੁਨੀਆਂ ਵਿਚ ਸਭ ਤੋਂ ਆਖ਼ੀਰ ਵਿਚ ਆਏ ਪਰ ਕਿਆਮਤ ਵਾਲੇ ਦਿਨ ਸਭ ਤੋਂ ਅੱਗੇ ਹੋਵਾਂਗੇ ਆਪ (ਸ:) ਨੇ ਫ਼ਰਮਾਇਆ ਕਸਮ ਅੱਲਾਹ ਦੀ ਤੁਹਾਡੇ ਵਿੱਚੋਂ ਕੋਈ ਵੀ ਅਜਿਹੀ ਕਸਮ ਨੂੰ ਪੂਰਾ ਕਰਨ ਦੀ ਜ਼ਿੱਦ ਨਾ ਕਰੇ ਜਿਸ ਤੋਂ ਘਰ-ਪਰਿਵਾਰ ਨੂੰ ਕੋਈ ਹਾਨੀ ਹੁੰਦੀ ਹੋਵੇ, ਉਹ ਵਿਅਕਤੀ ਅੱਲਾਹ ਦੀਆਂ ਨਜ਼ਰਾਂ ਵਿਚ ਅਪਰਾਧੀ ਹੈ, ਉਸ ਨੂੰ ਚਾਹੀਦਾ ਹੈ ਕਿ ਉਹ ਕਸਮ ਤੋੜ ਦੇਵੇ ਅਤੇ ਅੱਲਾਹ ਦੇ ਹੁਕਮ ਅਨੁਸਾਰ ਕੁੱਫ਼ਾਰਾ ਅਦਾ ਕਰੇ। (ਸਹੀ ਬੁਖ਼ਾਰੀ, ਹਦੀਸ: 6624, 6625)

ਸੋ ਇਹਨਾਂ ਤੋਂ ਬਚੋ,[1] ਤਾਹੀਓਂ ਤੁਸੀਂ ਸਫ਼ਲ ਹੋਵੋਗੇ।

91. ਸ਼ੈਤਾਨ ਤਾਂ ਇਹ ਚਾਹੁੰਦਾ ਹੈ ਕਿ ਸ਼ਰਾਬ ਤੇ ਜੂਏ ਦੁਆਰਾ ਤੁਹਾਡੇ ਵਿਚਾਲੇ ਵੈਰ-ਵਿਰੋਧ ਪਾ ਦੇਵੇ ਅਤੇ ਅੱਲਾਹ ਦੀ ਯਾਦ ਅਤੇ ਨਮਾਜ਼ ਤੋਂ ਤੁਹਾਨੂੰ ਪਰਾਂ ਰੱਖੇ। ਕੀ ਤੁਸੀਂ ਇਹਨਾਂ ਸ਼ੈਤਾਨੀ ਕੰਮਾਂ ਤੋਂ ਬਾਜ਼ ਨਹੀਂ ਆਵੋਗੇ।

إِنَّمَا يُرِيدُ الشَّيْطَانُ أَن يُوقِعَ بَيْنَكُمُ الْعَدَاوَةَ
وَالْبَغْضَاءَ فِي الْخَمْرِ وَالْمَيْسِرِ وَيَصُدَّكُمْ عَن ذِكْرِ
اللَّهِ وَعَنِ الصَّلَاةِ ۖ فَهَلْ أَنتُم مُّنتَهُونَ ﴿٩١﴾

92. ਤੁਸੀਂ ਅੱਲਾਹ ਅਤੇ ਰਸੂਲ ਦੀ ਆਗਿਆਕਾਰੀ ਕਰਦੇ ਰਹੋ ਅਤੇ ਸੰਭਲ ਕੇ ਰਹੋ। ਜੇ ਤੁਸੀਂ ਹੱਕ ਸੱਚ ਤੋਂ ਫਿਰ ਜਾਓ ਤਾਂ ਇਹ ਜਾਣ ਲਓ ਕਿ ਸਾਡੇ ਰਸੂਲ ਦੇ ਜ਼ਿੰਮੇ ਤਾਂ ਕੇਵਲ (ਰੱਬੀ ਆਦੇਸ਼) ਖੋਲ੍ਹ ਖੋਲ੍ਹ ਕੇ ਪਹੁੰਚਾਉਣਾ ਹੈ।

وَأَطِيعُوا اللَّهَ وَأَطِيعُوا الرَّسُولَ وَاحْذَرُوا ۚ فَإِن
تَوَلَّيْتُمْ فَاعْلَمُوا أَنَّمَا عَلَىٰ رَسُولِنَا الْبَلَاغُ
الْمُبِينُ ﴿٩٢﴾

93. ਜਿਹੜੇ ਲੋਕ ਈਮਾਨ ਲਿਆਏ ਤੇ ਨੇਕ ਕੰਮ ਕਰਨ ਲੱਗ ਪਏ, ਪਹਿਲਾਂ ਉਹਨਾਂ ਨੇ ਜੋ ਕੁੱਝ ਵੀ (ਹਰਾਮ) ਖਾਧਿਆ ਪਿਆ ਹੈ ਉਸ ਲਈ ਕੋਈ ਗੁਨਾਹ (ਭਾਵ ਸਜ਼ਾ) ਨਹੀਂ, ਪਰ ਅੱਗੋਂ ਲਈ ਬੁਰਾਈਆਂ ਤੋਂ ਬਚਣ, ਈਮਾਨ 'ਤੇ ਕਾਇਮ ਰਹਿਣ ਤੇ ਭਲੇ ਕੰਮ ਕਰਨ, ਫੇਰ ਜੇ ਉਹ ਬੁਰਾਈਆਂ ਤੋਂ ਬਚੇ ਹੀ ਰਹਿਣ ਅਤੇ ਈਮਾਨ ਉੱਤੇ ਡਟੇ ਰਹਿਣ, ਫੇਰ ਉਹ ਰੱਬ ਤੋਂ ਡਰਦੇ ਹੋਏ ਨੇਕੀ ਕਰਨ ਤਾਂ ਅੱਲਾਹ ਨੇਕੀ ਕਰਨ ਵਾਲਿਆਂ ਨੂੰ ਪਸੰਦ ਕਰਦਾ ਹੈ।

لَيْسَ عَلَى الَّذِينَ آمَنُوا وَعَمِلُوا الصَّالِحَاتِ جُنَاحٌ
فِيمَا طَعِمُوا إِذَا مَا اتَّقَوا وَّآمَنُوا وَعَمِلُوا الصَّالِحَاتِ
ثُمَّ اتَّقَوا وَّآمَنُوا ثُمَّ اتَّقَوا وَّأَحْسَنُوا ۗ
وَاللَّهُ يُحِبُّ الْمُحْسِنِينَ ﴿٩٣﴾

---

[1] ਇਸ ਤੋਂ ਪਤਾ ਲਗਦਾ ਹੈ ਕਿ ਸ਼ੈਤਾਨੀ ਕੰਮਾਂ ਨੂੰ ਹਲਾਲ ਕਰਨ ਦੀ ਕੋਸ਼ਿਸ਼ ਕਰਨਾ ਬਹੁਤ ਹੀ ਘਟੀਆ ਕੰਮ ਹੈ ਇੰਜ ਉਹ ਹਲਾਲ ਨਹੀਂ ਹੋਣਗੀਆਂ ਸਗੋਂ ਹਰਾਮ ਹੀ ਰਹਿਣਗੀਆਂ। ਇਕ ਹਦੀਸ ਵਿਚ ਅੱਲਾਹ ਦੇ ਰਸੂਲ (ਸ:) ਦਾ ਫ਼ਰਮਾਨ ਹੈ, ਮੇਰੀ ਉੱਮਤ ਵਿਚ ਕੁੱਝ ਲੋਕੀ ਅਜਿਹੇ ਅਵੱਸ਼ ਹੋਣਗੇ ਜਿਹੜੇ ਜ਼ਨਾ, ਰੇਸ਼ਮ, ਸ਼ਰਾਬ, ਗਾਣ-ਵਜਾਣ ਦੇ ਸਾਮਾਨ ਨੂੰ ਹਲਾਲ ਸਮਝਣਗੇ ਅਤੇ ਪਹਾੜਾਂ ਵਿਚ ਕੁੱਝ ਉਹ ਲੋਕ ਵੀ ਰਹਿੰਦੇ ਹੋਣਗੇ ਕਿ ਸ਼ਾਮ ਵੇਲੇ ਉਹਨਾਂ ਦਾ ਚਰਵਾਹਾ ਉਹਨਾਂ ਦੇ ਪਸ਼ੂਆਂ ਨੂੰ ਉਹਨਾਂ ਕੋਲ ਲੈਕੇ ਆਵੇਗਾ ਅਤੇ ਆਪਣੀ ਲੋੜ ਪੂਰੀ ਸਵਾਲ ਕਰੇਗਾ ਪਰ ਉਹ ਉਸ ਨੂੰ ਆਖਣਗੇ ਕਿ ਸਾਡੇ ਕੋਲ ਕੱਲ ਨੂੰ ਆਈ ਪਰ ਰਾਤ ਨੂੰ ਹੀ ਉਹਨਾਂ ਉੱਤੇ ਪਹਾੜ ਡੇਗ ਦਿੱਤਾ ਜਾਵੇਗਾ ਅਤੇ ਉਹ ਬਰਬਾਦ ਹੋ ਜਾਣਗੇ ਅਤੇ ਜਿਹੜੇ ਉਹਨਾਂ 'ਚੋਂ ਬਚ ਜਾਣਗੇ ਉਹਨਾਂ ਨੂੰ ਬਾਂਦਰ ਤੇ ਸੂਰ ਬਣਾ ਦਿੱਤਾ ਜਾਵੇਗਾ ਜੋ ਕਿਆਮਤ ਤਕ ਏਵੇਂ ਹੀ ਰਹਿਣਗੇ। (ਸਹੀ ਬੁਖ਼ਾਰੀ, ਹਦੀਸ: 5590)

94. ਹੇ ਈਮਾਨ ਵਾਲਿਓ! ਅੱਲਾਹ ਤੁਹਾਡੀ ਪਰਖ ਉਸ ਸ਼ਿਕਾਰ ਦੁਆਰਾ ਕਰੇਗਾ, ਜਿਨ੍ਹਾਂ ਤਕ ਤੁਹਾਡੇ ਹੱਥ ਅਤੇ ਤੁਹਾਡੇ ਨੇਜ਼ੇ ਭਾਵ ਹਥਿਆਰ ਪਹੁੰਚ ਸਕਦੇ ਹਨ ਤਾਂ ਜੋ ਅੱਲਾਹ ਨੂੰ ਪਤਾ ਲੱਗ ਜਾਵੇ ਕਿ ਕੌਣ ਹੈ ਜਿਹੜਾ ਉਸ ਤੋਂ ਬਿਨਾਂ ਵੇਖੇ ਡਰਦਾ ਹੈ, (ਇਹਨਾਂ ਹਿਦਾਇਤਾਂ ਤੋਂ ਬਾਅਦ) ਜਿਹੜਾ ਵੀ ਵਿਅਕਤੀ ਹੱਦੋਂ ਟੱਪੇਗਾ, ਉਸ ਲਈ ਦਰਦਨਾਕ ਅਜ਼ਾਬ ਹੈ।

يَٰٓأَيُّهَا ٱلَّذِينَ ءَامَنُواْ لَيَبْلُوَنَّكُمُ ٱللَّهُ بِشَيْءٍ
مِّنَ ٱلصَّيْدِ تَنَالُهُۥٓ أَيْدِيكُمْ وَرِمَاحُكُمْ لِيَعْلَمَ
ٱللَّهُ مَن يَخَافُهُۥ بِٱلْغَيْبِ ۚ فَمَنِ ٱعْتَدَىٰ
بَعْدَ ذَٰلِكَ فَلَهُۥ عَذَابٌ أَلِيمٌ ﴿٩٤﴾

95. ਹੇ ਈਮਾਨ ਵਾਲਿਓ! ਜਦੋਂ ਤੁਸੀਂ ਇਹਰਾਮ ਦੀ ਹਾਲਤ ਵਿਚ ਹੋਵੋ ਤਾਂ ਸ਼ਿਕਾਰ ਨਾ ਕਰੋ, ਜੇ ਤੁਹਾਡੇ ਵਿਚ ਕੋਈ ਜਾਣ ਬੁੱਝ ਕੇ ਸ਼ਿਕਾਰ ਕਰੇਗਾ ਤਾਂ ਸ਼ਿਕਾਰ ਕੀਤੇ ਹੋਏ ਜਾਨਵਰ ਦੇ ਬਰਾਬਰ ਇਕ ਜਾਨਵਰ ਪਸ਼ੂਆਂ ਵਿੱਚੋਂ ਫ਼ਿਦਿਯਾ ਦੇਣਾ ਹੋਵੇਗਾ ਜਿਸ ਦਾ ਫ਼ੈਸਲਾ ਤੁਹਾਡੇ ਵਿੱਚੋਂ ਦੋ ਮੁਨਸਿਫ਼ ਵਾਲੇ ਕਰਨਗੇ। ਇਹ (ਫ਼ਿਦਿਯਾ) ਕੁਰਬਾਨੀ ਕਰਨ ਲਈ ਕਾਅਬੇ ਪਹੁੰਚਾਇਆ ਜਾਵੇਗਾ ਜਾਂ ਇਸ ਦਾ ਕੁੱਫ਼ਾਰਾ ਕੁੱਝ ਮੁਥਾਜਾਂ ਨੂੰ ਭੋਜਨ ਕਰਵਾਉਣਾ ਹੈ ਜਾਂ ਇਸ ਦੇ ਬਰਾਬਰ ਰੋਜ਼ੇ ਰੱਖਣਾ ਹੈ। (ਇਹ ਸਭ ਇਸ ਲਈ ਹੈ) ਤਾਂ ਜੋ ਉਹ ਆਪਣੇ ਕੀਤੇ ਕੰਮਾਂ ਦਾ ਸੁਆਦ ਵੇਖਣ। ਅੱਲਾਹ ਨੇ ਪਹਿਲਾਂ ਹੋਏ ਗੁਨਾਹਾਂ ਨੂੰ ਮੁਆਫ਼ ਕਰ ਦਿੱਤਾ ਹੈ ਅਤੇ ਜੇ ਕੋਈ ਵਿਅਕਤੀ ਮੁੜ ਅਜਿਹੀ ਹਰਕਤ ਕਰੇਗਾ ਤਾਂ ਅੱਲਾਹ ਉਸ ਤੋਂ ਬਦਲਾ ਲਵੇਗਾ। ਅੱਲਾਹ ਜ਼ਬਰਦਸਤ ਅਤੇ ਬਦਲਾ ਲੈਣ ਵਾਲਾ ਹੈ।

يَٰٓأَيُّهَا ٱلَّذِينَ ءَامَنُواْ لَا تَقْتُلُواْ ٱلصَّيْدَ وَأَنتُمْ حُرُمٌ ۚ
وَمَن قَتَلَهُۥ مِنكُم مُّتَعَمِّدًا فَجَزَآءٌ مِّثْلُ مَا قَتَلَ
مِنَ ٱلنَّعَمِ يَحْكُمُ بِهِۦ ذَوَا عَدْلٍ مِّنكُمْ هَدْيًۢا بَٰلِغَ
ٱلْكَعْبَةِ أَوْ كَفَّٰرَةٌ طَعَامُ مَسَٰكِينَ أَوْ عَدْلُ ذَٰلِكَ
صِيَامًا لِّيَذُوقَ وَبَالَ أَمْرِهِۦ ۗ عَفَا ٱللَّهُ عَمَّا سَلَفَ ۚ
وَمَنْ عَادَ فَيَنتَقِمُ ٱللَّهُ مِنْهُ ۗ وَٱللَّهُ عَزِيزٌ
ذُو ٱنتِقَامٍ ﴿٩٥﴾

96 ਤੁਹਾਡੇ ਲਈ ਸਮੁੰਦਰ ਦਾ ਸ਼ਿਕਾਰ ਅਤੇ ਉਸ ਦਾ ਖਾਣਾ ਹਲਾਲ (ਜਾਇਜ਼) ਕੀਤਾ ਗਿਆ ਹੈ, ਇਹ ਤੁਹਾਡੇ ਲਈ ਵੀ ਹੈ ਅਤੇ ਮੁਸਾਫ਼ਿਰਾਂ ਦੇ ਲਾਭ (ਭਾਵ ਸਹੂਲਤ) ਲਈ ਹੈ। ਤੁਸੀਂ ਇਹਰਾਮ ਦੀ

أُحِلَّ لَكُمْ صَيْدُ ٱلْبَحْرِ وَطَعَامُهُۥ مَتَٰعًا لَّكُمْ
وَلِلسَّيَّارَةِ ۖ وَحُرِّمَ عَلَيْكُمْ صَيْدُ ٱلْبَرِّ مَا دُمْتُمْ
حُرُمًا ۗ وَٱتَّقُواْ ٱللَّهَ ٱلَّذِىٓ إِلَيْهِ تُحْشَرُونَ ﴿٩٦﴾

ਹਾਲਤ ਵਿਚ ਖ਼ੁਸ਼ਕੀ ਦਾ (ਭਾਵ ਧਰਤੀ ਉੱਤੇ) ਸ਼ਿਕਾਰ ਕਰਨਾ ਤੁਹਾਡੇ ਲਈ ਹਰਾਮ ਕੀਤਾ ਗਿਆ ਹੈ। ਤੁਸੀਂ ਅੱਲਾਹ ਤੋਂ ਡਰਦੇ ਰਹੋ ਜਿਸ ਦੇ ਕੋਲ ਤੁਸੀਂ ਸਾਰੇ ਇਕੱਠੇ ਕੀਤੇ ਜਾਵੋਗੇ।

97. ਖ਼ਾਨਾ-ਕਾਅਬਾ ਜਿਹੜਾ ਸਤਿਕਾਰ ਵਾਲਾ ਘਰ ਹੈ ਅੱਲਾਹ ਨੇ ਇਸ ਨੂੰ ਲੋਕਾਂ ਦੇ ਠਹਿਰਨ ਦਾ ਇਕ ਸਾਧਨ ਬਣਾਇਆ ਹੈ। ਹੁਰਮਤ ਭਾਵ ਆਦਰ ਵਾਲੇ (ਚਾਰ ਮਹੀਨੇ) ਅਤੇ ਹਰਮ ਵਾਲੀ ਕੁਰਬਾਨੀ ਅਤੇ ਪਟੇ ਵਾਲੇ ਜਾਨਵਰਾਂ ਨੂੰ ਵੀ ਸਤਿਕਾਰ ਦਿੱਤਾ ਹੈ। ਇਹ ਸਭ ਇਸ ਲਈ ਕਿ ਤੁਸੀਂ ਜਾਣ ਲਓ ਕਿ ਬੇਸ਼ੱਕ ਅੱਲਾਹ ਹੀ ਅਕਾਸ਼ਾਂ ਅਤੇ ਧਰਤੀ ਵਿਚ ਜੋ ਕੀ ਹੈ, ਉਹਨਾਂ ਸਭ ਦਾ ਗਿਆਨ ਰੱਖਦਾ ਹੈ। ਬੇਸ਼ੱਕ ਅੱਲਾਹ ਸਾਰੀਆਂ ਚੀਜ਼ਾਂ ਦਾ ਜਾਣਨ ਵਾਲਾ ਹੈ।

جَعَلَ اللّٰهُ الْكَعْبَةَ الْبَيْتَ الْحَرَامَ قِيٰمًا لِّلنَّاسِ وَالشَّهْرَ الْحَرَامَ وَالْهَدْيَ وَالْقَلَآئِدَ ؕ ذٰلِكَ لِتَعْلَمُوْٓا اَنَّ اللّٰهَ يَعْلَمُ مَا فِي السَّمٰوٰتِ وَمَا فِي الْاَرْضِ وَاَنَّ اللّٰهَ بِكُلِّ شَيْءٍ عَلِيْمٌ ٩٧

98. ਜਾਣ ਲਓ। ਅੱਲਾਹ ਸਖ਼ਤ ਸਜ਼ਾ ਦੇਣ ਵਾਲਾ ਹੈ ਅਤੇ ਅਤਿਅੰਤ ਬਖ਼ਸ਼ਣਹਾਰ ਤੇ ਰਹਿਮ ਫ਼ਰਮਾਉਣ ਵਾਲਾ ਵੀ ਅੱਲਾਹ ਹੀ ਹੈ।

اِعْلَمُوْٓا اَنَّ اللّٰهَ شَدِيْدُ الْعِقَابِ وَاَنَّ اللّٰهَ غَفُوْرٌ رَّحِيْمٌ ؕ ٩٨

99. ਰਸੂਲਾਂ ਦੇ ਜ਼ਿੰਮੇ ਤਾਂ ਅੱਲਾਹ ਦਾ ਪੈਗ਼ਾਮ (ਲੋਕਾਂ ਤੱਕ) ਪੁੱਜਦਾ ਕਰਨਾ ਹੈ। ਅੱਲਾਹ ਉਹ ਸਭ ਕੁੱਝ ਜਾਣਦਾ ਹੈ, ਜੋ ਤੁਸੀਂ ਵਿਖਾਵਾ ਕਰਦੇ ਹੋ ਅਤੇ ਜੋ ਤੁਸੀਂ ਗੁਪਤ ਰੱਖਦੇ ਹੋ।

مَا عَلَى الرَّسُوْلِ اِلَّا الْبَلٰغُ ؕ وَاللّٰهُ يَعْلَمُ مَا تُبْدُوْنَ وَمَا تَكْتُمُوْنَ ٩٩

100. (ਹੇ ਨਬੀ!) ਤੁਸੀਂ ਆਖ ਦਿਓ। ਕਿ ਪਾਕ ਤੇ ਨਾਪਾਕ ਇਕ ਸਮਾਨ ਨਹੀਂ ਹੋ ਸਕਦੇ ਭਾਵੇਂ ਨਾਪਾਕ ਲੋਕਾਂ ਦੀ ਬਹੁਗਿਣਤੀ ਤੁਹਾਨੂੰ ਕਿੰਨੀ ਹੀ ਪ੍ਰਭਾਵਿਤ ਕਿਉਂ ਨਾ ਕਰਦੀ ਹੋਵੇ। ਸੋ ਹੇ ਅਕਲ ਵਾਲਿਓ। ਤੁਸੀਂ ਅੱਲਾਹ ਤੋਂ ਹੀ ਡਰੋ ਤਾਂ ਜੋ ਤੁਸੀਂ ਸਫਲ ਹੋ ਸਕੋ।

قُلْ لَّا يَسْتَوِي الْخَبِيْثُ وَالطَّيِّبُ وَلَوْ اَعْجَبَكَ كَثْرَةُ الْخَبِيْثِ ۚ فَاتَّقُوا اللّٰهَ يٰٓاُولِي الْاَلْبَابِ لَعَلَّكُمْ تُفْلِحُوْنَ ١٠٠

101. ਹੇ ਈਮਾਨ ਵਾਲਿਓ! ਤੁਸੀਂ (ਮੁਹੰਮਦ ਸ. ਤੋਂ) ਅਜਿਹੀਆਂ ਗੱਲਾਂ ਨਾ ਪੁੱਛੋ ਕਿ ਜੇ ਉਹ ਤੁਹਾਡੇ 'ਤੇ ਸਪਸ਼ਟ ਹੋ ਜਾਣ ਤਾਂ ਤੁਹਾਨੂੰ ਬੁਰੀਆਂ ਲੱਗਣ, ਜੇ ਤੁਸੀਂ ਕੁਰਆਨ ਦੇ ਨਾਜ਼ਲ ਹੋਣ ਸਮੇਂ ਇਹਨਾਂ (ਗੁਪਤ ਗੱਲਾਂ) ਦੇ ਸੰਬੰਧ ਵਿਚ ਪੁੱਛੋਗੇ ਤਾਂ ਤੁਹਾਡੇ 'ਤੇ ਸਪਸ਼ਟ ਕਰ ਦਿੱਤੀਆਂ ਜਾਣਗੀਆਂ। ਪਹਿਲਾਂ ਦੇ ਪੁੱਛੇ ਗਏ ਸਵਾਲਾਂ ਨੂੰ ਅੱਲਾਹ ਨੇ ਮੁਆਫ਼ ਕਰ ਦਿੱਤਾ ਹੈ। ਅੱਲਾਹ ਵੱਡਾ ਬਖ਼ਸ਼ਣਹਾਰ ਅਤੇ ਸਹਿਣ ਕਰਨ ਵਾਲਾ ਹੈ।

يَا أَيُّهَا الَّذِينَ آمَنُوا لَا تَسْأَلُوا عَنْ أَشْيَاءَ
إِنْ تُبْدَ لَكُمْ تَسُؤْكُمْ وَإِنْ تَسْأَلُوا عَنْهَا
حِينَ يُنَزَّلُ الْقُرْآنُ تُبْدَ لَكُمْ عَفَا اللَّهُ
عَنْهَا وَاللَّهُ غَفُورٌ حَلِيمٌ ﴿١٠١﴾

102. ਅਜਿਹੀਆਂ ਗੱਲਾਂ ਤੁਹਾਥੋਂ ਪਹਿਲਾਂ ਦੂਜੇ ਲੋਕਾਂ ਨੇ ਵੀ ਪੁੱਛਿਆਂ ਸਨ ਅਤੇ ਉਹਨਾਂ ਗੱਲਾਂ ਕਾਰਨ ਹੀ ਉਹ ਕਾਫ਼ਿਰ ਹੋ ਗਏ।

قَدْ سَأَلَهَا قَوْمٌ مِنْ قَبْلِكُمْ ثُمَّ أَصْبَحُوا بِهَا
كَافِرِينَ ﴿١٠٢﴾

103. ਅੱਲਾਹ ਨੇ ਨਾ ਕਿਸੇ ਨੂੰ ਬਹੀਰਾ ਨਿਯਤ ਕੀਤਾ ਹੈ, ਨਾ ਸਾਇਬਾ, ਨਾ ਵਸੀਲਾ, ਨਾ ਹੀ ਹਾਮ, ਪਰ ਇਹ ਕਾਫ਼ਿਰ ਅੱਲਾਹ ਉੱਤੇ ਝੂਠੇ ਆਰੋਪ ਲਗਾਉਂਦੇ ਹਨ। ਜਦ ਕਿ ਉਹਨਾਂ ਵਿੱਚੋਂ ਬਹੁਤੇ ਮੂਰਖ ਹਨ।

مَا جَعَلَ اللَّهُ مِنْ بَحِيرَةٍ وَلَا سَائِبَةٍ وَلَا وَصِيلَةٍ
وَلَا حَامٍ وَلَٰكِنَّ الَّذِينَ كَفَرُوا يَفْتَرُونَ عَلَى
اللَّهِ الْكَذِبَ وَأَكْثَرُهُمْ لَا يَعْقِلُونَ ﴿١٠٣﴾

104. ਜਦੋਂ ਉਹਨਾਂ ਨੂੰ ਕਿਹਾ ਜਾਂਦਾ ਹੈ ਕਿ ਆਓ ਉਸ ਚੀਜ਼ (ਕੁਰਆਨ) ਵੱਲ ਜੋ ਅੱਲਾਹ ਨੇ ਨਾਜ਼ਿਲ ਕੀਤਾ ਹੈ ਅਤੇ ਰਸੂਲ ਵੱਲ ਆਓ ਤਾਂ ਆਖਦੇ ਹਨ ਕਿ ਸਾਡੇ ਲਈ ਤਾਂ ਉਹੀਓ ਤਰੀਕਾ ਬਥੇਰਾ ਹੈ ਜਿਸ ਉੱਤੇ ਅਸੀਂ ਆਪਣੇ ਬਾਪ ਦਾਦਿਆਂ (ਭਾਵ ਬਜ਼ੁਰਗਾਂ) ਨੂੰ ਵੇਖਿਆ ਹੈ ਭਾਵੇਂ ਉਹਨਾਂ ਦੇ ਪਿਓ ਦਾਦਾ ਕੁੱਝ ਵੀ ਨਾ ਜਾਣਦੇ ਹੋਣ ਅਤੇ ਨਾ ਹੀ ਹਿਦਾਇਤ ਵਾਲੇ ਹੋਣ (ਫੇਰ ਵੀ ਇਹਨਾਂ ਦੀ ਹੀ ਪੈਰਵੀ ਕਰਨਗੇ?)।

وَإِذَا قِيلَ لَهُمْ تَعَالَوْا إِلَىٰ مَا أَنْزَلَ اللَّهُ
وَإِلَى الرَّسُولِ قَالُوا حَسْبُنَا مَا وَجَدْنَا عَلَيْهِ
آبَاءَنَا أَوَلَوْ كَانَ آبَاؤُهُمْ لَا يَعْلَمُونَ
شَيْئًا وَلَا يَهْتَدُونَ ﴿١٠٤﴾

105. ਹੇ ਈਮਾਨ ਵਾਲਿਓ! ਤੁਸੀਂ ਆਪਣੀ ਚਿੰਤਾ ਅਵੱਸ਼ ਕਰੋ, ਜੇ ਤੁਸੀਂ ਸਿੱਧੀ ਰਾਹ 'ਤੇ ਚੱਲ ਰਹੇ ਹੋ ਤਾਂ ਜਿਹੜਾ ਵਿਅਕਤੀ ਕੁਰਾਹੇ ਪਿਆ ਹੋਇਆ ਹੈ ਉਹ ਤੁਹਾਡਾ ਕੁੱਝ ਵੀ ਵਿਗਾੜ ਨਹੀਂ ਸਕਦਾ।

يَا أَيُّهَا الَّذِينَ آمَنُوا عَلَيْكُمْ أَنْفُسَكُمْ لَا يَضُرُّكُمْ
مَنْ ضَلَّ إِذَا اهْتَدَيْتُمْ إِلَى اللَّهِ مَرْجِعُكُمْ
جَمِيعًا فَيُنَبِّئُكُمْ بِمَا كُنْتُمْ تَعْمَلُونَ ﴿١٠٥﴾

ਤੁਸੀਂ ਸਾਰਿਆਂ ਨੇ ਅੱਲਾਹ ਵੱਲ ਹੀ ਪਰਤਣਾ ਹੈ, ਫੇਰ ਉਹ ਤੁਹਾਨੂੰ ਦੱਸ ਦੇਵੇਗਾ ਕਿ ਤੁਸੀਂ ਕੀ ਕਰਦੇ ਰਹੇ ਹੋ?

يَا أَيُّهَا الَّذِينَ آمَنُوا شَهَادَةُ بَيْنِكُمْ إِذَا حَضَرَ
أَحَدَكُمُ الْمَوْتُ حِينَ الْوَصِيَّةِ اثْنَانِ ذَوَا عَدْلٍ
مِنْكُمْ أَوْ آخَرَانِ مِنْ غَيْرِكُمْ إِنْ أَنْتُمْ ضَرَبْتُمْ
فِي الْأَرْضِ فَأَصَابَتْكُمْ مُصِيبَةُ الْمَوْتِ ۚ تَحْبِسُونَهُمَا
مِنْ بَعْدِ الصَّلَاةِ فَيُقْسِمَانِ بِاللَّهِ إِنِ ارْتَبْتُمْ
لَا نَشْتَرِي بِهِ ثَمَنًا وَلَوْ كَانَ ذَا قُرْبَىٰ ۙ وَلَا نَكْتُمُ
شَهَادَةَ اللَّهِ إِنَّا إِذًا لَمِنَ الْآثِمِينَ ١٠٦

106. ਹੇ ਈਮਾਨ ਵਾਲਿਓ! ਜਦੋਂ ਤੁਹਾਡੇ ਵਿੱਚੋਂ ਕਿਸੇ ਦੀ ਮੌਤ ਦਾ ਵੇਲਾ ਆਉਣ ਲੱਗੇ (ਤਾਂ ਵਸੀਅਤ ਕਰਨ ਵੇਲੇ) ਤੁਹਾਡੇ ਵਿਚਾਲੇ ਕੋਈ ਗਵਾਹ ਹੋਣਾ ਚਾਹੀਦਾ ਹੈ। ਸੋ ਵਸੀਅਤ ਕਰਦੇ ਸਮੇਂ ਆਪਣੇ (ਰਿਸ਼ਤੇਦਾਰਾਂ) ਵਿੱਚੋਂ ਦੋ ਨਿਆਂਕਾਰੀਆਂ ਨੂੰ ਗਵਾਹ ਬਣਾ ਲਓ। ਜੇ ਤੁਸੀਂ ਕਿਧਰੇ ਸਫ਼ਰ 'ਚ ਹੋਵੋਂ ਅਤੇ (ਰਾਹ ਵਿਚ ਹੀ) ਤੁਹਾਨੂੰ ਮੌਤ ਆ ਜਾਵੇ ਤਾਂ ਬਿਗਾਨਿਆਂ ਵਿੱਚੋਂ ਦੋ ਗਵਾਹ ਠੀਕ ਹਨ। ਜੇ ਤੁਹਾਨੂੰ (ਬੇਇਨਸਾਫ਼ੀ ਦਾ) ਸ਼ੱਕ ਹੋ ਜਾਵੇ ਤਾਂ ਇਹਨਾਂ ਦੋਹਾਂ ਗਵਾਹਾਂ ਨੂੰ ਨਮਾਜ਼ ਮਗਰੋਂ ਮਸੀਤ ਵਿਚ ਰੋਕ ਲਵੋ ਜੇ ਉਹ ਅੱਲਾਹ ਦੀ ਸੌਂਹ ਖਾ ਕੇ ਆਖਣ ਕਿ ਅਸੀਂ ਇਸ ਗਵਾਹੀ ਦੇ ਬਦਲੇ ਕੁੱਝ ਵੀ ਨਹੀਂ ਲੈ ਰਹੇ ਅਤੇ ਜੇ ਕੋਈ ਸਾਕ ਸੰਬੰਧੀ ਵੀ ਹੋਵੇ ਤਾਂ ਵੀ ਅਸੀਂ ਉਸ ਦਾ ਪੱਖ ਪੂਰਨ ਵਾਲੇ ਨਹੀਂ ਅਤੇ ਅਸੀਂ ਅੱਲਾਹ ਦੀ ਗਵਾਹੀ ਨੂੰ ਗੁਪਤ ਨਹੀਂ ਰੱਖਾਂਗੇ। ਜੇ ਅਸੀਂ ਅਜਿਹਾ ਕੀਤਾ ਤਾਂ ਅਸੀਂ ਵੀ ਪਾਪੀਆਂ ਵਿਚ ਗਿਣੇ ਜਾਵਾਂਗੇ।

فَإِنْ عُثِرَ عَلَىٰ أَنَّهُمَا اسْتَحَقَّا إِثْمًا فَآخَرَانِ يَقُومَانِ
مَقَامَهُمَا مِنَ الَّذِينَ اسْتَحَقَّ عَلَيْهِمُ الْأَوْلَيَانِ
فَيُقْسِمَانِ بِاللَّهِ لَشَهَادَتُنَا أَحَقُّ مِنْ شَهَادَتِهِمَا
وَمَا اعْتَدَيْنَا إِنَّا إِذًا لَمِنَ الظَّالِمِينَ ١٠٧

107. ਫੇਰ ਜੇ ਪਤਾ ਲਗ ਜਾਵੇ ਕਿ ਉਹਨਾਂ ਦੋਹਾਂ ਨੇ (ਝੂਠੀ ਗਵਾਹੀ ਦੇਣ ਦਾ) ਪਾਪ ਕੀਤਾ ਹੈ ਤਾਂ ਉਹਨਾਂ ਦੀ ਥਾਂ ਦੋ ਹੋਰ ਗਵਾਹ ਉਹਨਾਂ ਲੋਕਾਂ ਵਿੱਚੋਂ ਲਵੋ, ਜਿਹਨਾਂ ਦਾ ਹੱਕ ਮਾਰਿਆ ਜਾ ਰਿਹਾ ਹੈ ਅਤੇ ਮ੍ਰਿਤਕ ਦੇ ਵੀ ਵੱਧ ਨੇੜੇ ਹੋਣ, ਜੇ ਉਹ ਦੋਵੇਂ ਅੱਲਾਹ ਦੀ ਸੌਂਹ ਖਾ ਕੇ ਆਖਣ ਕਿ ਸਾਡੀ ਗਵਾਹੀ ਪਹਿਲੇ ਦੋਹਾਂ ਗਵਾਹਾਂ ਤੋਂ ਵਧੇਰੇ ਸੱਚੀ ਹੈ, ਅਸੀਂ ਕੋਈ ਵਧੀਕੀ ਨਹੀਂ ਕੀਤੀ, ਜੇ ਅਸੀਂ ਅਜਿਹਾ ਕਰੀਏ ਤਾਂ ਜ਼ਾਲਮਾਂ ਵਿਚ ਗਿਣੇ ਜਾਵਾਂਗੇ।

108 ਇਸ ਤਰ੍ਹਾਂ ਆਸ ਕੀਤੀ ਜਾ ਸਕਦੀ ਹੈ ਕਿ ਉਹ ਸੱਚੀ ਗਵਾਹੀ ਦੇਣਗੇ ਜਾਂ ਘੱਟੋ ਘੱਟ ਇਸ ਗੱਲ ਤੋਂ ਡਰਣਗੇ ਕਿ ਉਹਨਾਂ (ਵਾਰਸਾਂ) ਦੀਆਂ ਸਹੁੰਆਂ ਮਗਰੋਂ ਉਹਨਾਂ ਦੀਆਂ ਸਹੁੰਆਂ ਵੀ ਰੱਦ ਨਾ ਕਰ ਦਿੱਤੀਆਂ ਜਾਣਗੀਆਂ। ਸੋ ਤੁਸੀਂ ਅੱਲਾਹ ਤੋਂ ਡਰੋ ਅਤੇ ਸੁਣੋ! ਕਿ ਅੱਲਾਹ ਨਾ-ਫ਼ਰਮਾਨਾਂ ਨੂੰ ਹਿਦਾਇਤ ਨਹੀਂ ਦਿੰਦਾ।

ذَٰلِكَ أَدْنَىٰ أَن يَأْتُوا بِالشَّهَادَةِ عَلَىٰ وَجْهِهَا أَوْ يَخَافُوا
أَن تُرَدَّ أَيْمَانٌ بَعْدَ أَيْمَانِهِمْ ۗ وَاتَّقُوا اللَّهَ وَاسْمَعُوا ۗ
وَاللَّهُ لَا يَهْدِي الْقَوْمَ الْفَاسِقِينَ ﴿١٠٨﴾

109. ਉਸ ਦਿਨ ਦੀ ਚਿੰਤਾ ਕਰੋ ਜਦੋਂ ਅੱਲਾਹ ਸਾਰੇ ਪੈਗੰਬਰਾਂ ਨੂੰ ਜਮਾਂ ਕਰੇਗਾ ਫੇਰ ਉਹਨਾਂ ਨੂੰ ਆਖੇਗਾ ਕਿ ਤੁਹਾਨੂੰ (ਤੁਹਾਡੀ ਕੌਮ ਨੇ) ਕੀ ਜਵਾਬ ਦਿੱਤਾ ਸੀ? ਉਹ (ਪੈਗੰਬਰ) ਆਖਣਗੇ ਕਿ ਸਾਨੂੰ ਕੁੱਝ ਵੀ ਨਹੀਂ ਪਤਾ, ਤੂੰ ਹੀ ਛੁਪੀਆਂ ਹੋਈਆਂ ਗੱਲਾਂ ਦਾ ਭੇਤੀ ਹੈਂ।

يَوْمَ يَجْمَعُ اللَّهُ الرُّسُلَ فَيَقُولُ مَاذَا أُجِبْتُمْ ۖ
قَالُوا لَا عِلْمَ لَنَا ۖ إِنَّكَ أَنتَ عَلَّامُ الْغُيُوبِ ﴿١٠٩﴾

110. ਜਦੋਂ ਅੱਲਾਹ ਫ਼ਰਮਾਏਗਾ ਕਿ ਹੇ ਈਸਾ ਬਿਨ ਮਰੀਅਮ! ਤੂੰ ਆਪਣੇ ਤੇ ਆਪਣੀ ਮਾਂ ਉੱਤੇ ਹੋਈ ਮੇਰੀ ਉਸ ਨਿਅਮਤ ਨੂੰ ਯਾਦ ਕਰ ਜਦੋਂ ਮੈਂ ਤੇਰੀ ਮਦਦ ਪਵਿੱਤਰ ਰੂਹ (ਜਿਬਰਾਈਲ) ਰਾਹੀਂ ਕੀਤੀ ਸੀ। ਤੂੰ ਮਾਂ ਦੀ ਗੋਦੀ ਵਿਚ ਵੀ (ਭਾਵ ਜੰਮਦੇ ਹੀ) ਤੇ ਸਿਆਣੀ ਉਮਰ ਵਿਚ ਵੀ ਲੋਕਾਂ ਨਾਲ ਗੱਲਾਂ ਕਰਦਾ ਸੀ। ਮੈਂ ਤੈਨੂੰ ਕਿਤਾਬ, ਡੂੰਘੀ ਸਿਆਣਪ, ਤੌਰੇਤ ਤੇ ਇੰਜੀਲ ਦੀ ਸਿੱਖਿਆ ਵੀ ਦਿੱਤੀ। ਜਦੋਂ ਤੂੰ ਮੇਰੇ ਹੁਕਮ ਨਾਲ ਗਾਰੇ ਨਾਲ ਪੰਛੀਆਂ ਵਾਂਗ ਮੂਰਤ ਬਣਾਉਂਦਾ ਸੀ, ਫੇਰ ਤੂੰ ਉਸ ਵਿਚ ਫੂਕ ਮਾਰਦਾ ਸੀ ਤਾਂ ਉਹ ਮੇਰੇ ਹੁਕਮ ਨਾਲ ਇਕ ਪੰਛੀ ਬਣ ਜਾਂਦਾ ਸੀ। ਮੇਰੇ ਹੁਕਮ ਨਾਲ ਹੀ ਤੂੰ ਜਮਾਂਦਰੂ ਅੰਨ੍ਹੇ ਤੇ ਫੁਲਵਹਿਰੀ ਵਾਲੇ ਵਿਅਕਤੀ ਨੂੰ ਸਵਸਥ ਕਰ ਦਿੰਦਾ ਸੀ ਅਤੇ ਮੇਰੇ ਹੁਕਮ ਨਾਲ ਹੀ ਤੂੰ ਮੁਰਦਿਆਂ ਨੂੰ (ਕਬਰਾਂ ਵਿੱਚੋਂ ਜਿਊਂਦਾ) ਕੱਢਦਾ ਸੀ।

إِذْ قَالَ اللَّهُ يَا عِيسَى ابْنَ مَرْيَمَ اذْكُرْ نِعْمَتِي
عَلَيْكَ وَعَلَىٰ وَالِدَتِكَ إِذْ أَيَّدتُّكَ بِرُوحِ الْقُدُسِ
تُكَلِّمُ النَّاسَ فِي الْمَهْدِ وَكَهْلًا ۖ وَإِذْ عَلَّمْتُكَ
الْكِتَابَ وَالْحِكْمَةَ وَالتَّوْرَاةَ وَالْإِنجِيلَ ۖ وَإِذْ
تَخْلُقُ مِنَ الطِّينِ كَهَيْئَةِ الطَّيْرِ بِإِذْنِي فَتَنفُخُ
فِيهَا فَتَكُونُ طَيْرًا بِإِذْنِي ۖ وَتُبْرِئُ الْأَكْمَهَ
وَالْأَبْرَصَ بِإِذْنِي ۖ وَإِذْ تُخْرِجُ الْمَوْتَىٰ بِإِذْنِي ۖ
وَإِذْ كَفَفْتُ بَنِي إِسْرَائِيلَ عَنكَ إِذْ جِئْتَهُم
بِالْبَيِّنَاتِ فَقَالَ الَّذِينَ كَفَرُوا مِنْهُمْ إِنْ هَٰذَا
إِلَّا سِحْرٌ مُّبِينٌ ﴿١١٠﴾

ਜਦੋਂ ਮੈਂ ਤੈਨੂੰ ਬਨੀ ਇਸਰਾਈਲ ਤੋਂ ਬਚਾਇਆ ਸੀ, ਉਦੋਂ ਤੂੰ ਉਹਨਾਂ ਕੋਲ ਮੇਰੀਆਂ ਖੁੱਲ੍ਹੀਆਂ ਨਿਸ਼ਾਨੀਆਂ ਲੈ ਕੇ ਆਇਆ ਸੀ, ਫੇਰ ਇਹਨਾਂ ਵਿੱਚੋਂ, ਜਿਹਨਾਂ ਨੇ ਇਨਕਾਰ ਕੀਤਾ ਸੀ, ਉਹਨਾਂ ਨੇ ਕਿਹਾ ਸੀ ਕਿ ਇਹ ਤਾਂ ਨਿਰਾ ਜਾਦੂ ਹੈ, ਹੋਰ ਕੁੱਝ ਵੀ ਨਹੀਂ।

111. ਜਦੋਂ ਮੈਂ ਹਵਾਰੀਆਂ ਨੂੰ ਹੁਕਮ ਦਿੱਤਾ ਸੀ ਕਿ ਤੁਸੀਂ ਮੇਰੇ ਅਤੇ ਮੇਰੇ ਰਸੂਲ 'ਤੇ ਈਮਾਨ ਲਿਆਓ, ਉਦੋਂ ਉਹਨਾਂ ਨੇ ਕਿਹਾ ਸੀ ਕਿ ਅਸੀਂ ਈਮਾਨ ਲਿਆਏ, ਤੁਸੀਂ ਗਵਾਹ ਰਹੋ ਕਿ ਅਸੀਂ ਪੂਰੇ ਆਗਿਆਕਾਰੀ ਹਾਂ।

وَإِذْ أَوْحَيْتُ إِلَى الْحَوَارِيِّينَ أَنْ آمِنُوا بِي وَبِرَسُولِي
قَالُوا آمَنَّا وَاشْهَدْ بِأَنَّنَا مُسْلِمُونَ (111)

112. ਉਹ ਸਮਾਂ ਵੀ ਯਾਦ ਕਰੋ ਜਦੋਂ ਹਵਾਰੀਆਂ (ਭਾਵ ਈਸਾ ਦੇ ਸਹਾਇਕਾਂ) ਨੇ ਕਿਹਾ ਸੀ ਕਿ ਹੇ ਮਰੀਅਮ ਦੇ ਪੁੱਤਰ ਈਸਾ! ਕੀ ਤੁਹਾਡਾ ਰੱਬ ਇਹ ਕਰ ਸਕਦਾ ਹੈ ਕਿ ਸਾਡੇ ਲਈ ਭੋਜਨ ਦਾ ਥਾਲ ਭੇਜੇ? ਤਾਂ ਉਹਨਾਂ (ਈਸਾ) ਨੇ ਕਿਹਾ ਕਿ ਅੱਲਾਹ ਤੋਂ ਡਰੋ, ਜੇ ਤੁਸੀਂ ਈਮਾਨ ਵਾਲੇ ਹੋ।

إِذْ قَالَ الْحَوَارِيُّونَ يَا عِيسَى ابْنَ مَرْيَمَ هَلْ
يَسْتَطِيعُ رَبُّكَ أَنْ يُنَزِّلَ عَلَيْنَا مَائِدَةً مِنَ
السَّمَاءِ ۖ قَالَ اتَّقُوا اللَّهَ إِنْ كُنْتُمْ مُؤْمِنِينَ (112)

113. ਉਹ ਬੋਲੇ, ਅਸੀਂ ਚਾਹੁੰਦੇ ਹਾਂ ਕਿ ਅਸੀਂ ਉਸ ਵਿੱਚੋਂ ਖਾਈਏ ਤਾਂ ਜੋ ਸਾਡੇ ਦਿਲਾਂ ਦੀ ਤਸੱਲੀ ਹੋ ਜਾਵੇ ਅਤੇ ਅਸੀਂ ਇਹ ਜਾਣ ਲਈਏ ਕਿ ਤੁਸੀਂ ਸਾਡੇ ਨਾਲ ਸੱਚ ਬੋਲਿਆ ਹੈ ਅਤੇ ਅਸੀਂ ਗਵਾਹੀ ਦੇਣ ਵਾਲਿਆਂ ਵਿੱਚੋਂ ਹੋ ਜਾਈਏ।

قَالُوا نُرِيدُ أَنْ نَأْكُلَ مِنْهَا وَتَطْمَئِنَّ قُلُوبُنَا
وَنَعْلَمَ أَنْ قَدْ صَدَقْتَنَا وَنَكُونَ عَلَيْهَا مِنَ
الشَّاهِدِينَ (113)

114. ਈਸਾ ਬਿਨ ਮਰੀਅਮ ਨੇ ਦੁਆ ਕੀਤੀ ਕਿ ਹੇ ਅੱਲਾਹ! ਹੇ ਸਾਡੇ ਪਾਲਣਹਾਰ। ਸਾਡੇ ਲਈ ਅਕਾਸ਼ ਤੋਂ ਭੋਜਨ ਦਾ ਥਾਲ ਭੇਜ ਤਾਂ ਜੋ ਉਹ ਸਾਡੇ ਅਗਲਿਆਂ-ਪਿਛਲਿਆਂ ਲਈ ਈਦ (ਖ਼ੁਸ਼ੀ) ਦਾ ਅਵਸਰ ਹੋ ਜਾਵੇ ਉਹ ਤੇਰੇ ਵੱਲੋਂ ਵਿਸ਼ੇਸ਼ ਨਿਸ਼ਾਨੀ ਹੋਵੇ। ਤੂੰ ਸਾਨੂੰ ਰਿਜ਼ਕ ਬਖ਼ਸ਼, ਕਿਉਂ ਜੋ ਤੂੰ ਹੀ ਸਾਰਿਆਂ ਤੋਂ ਵਧੀਆ ਰਿਜ਼ਕ ਦੇਣ ਵਾਲਾ ਹੈ।

قَالَ عِيسَى ابْنُ مَرْيَمَ اللَّهُمَّ رَبَّنَا أَنْزِلْ
عَلَيْنَا مَائِدَةً مِنَ السَّمَاءِ تَكُونُ لَنَا عِيدًا
لِأَوَّلِنَا وَآخِرِنَا وَآيَةً مِنْكَ ۖ وَارْزُقْنَا وَأَنْتَ
خَيْرُ الرَّازِقِينَ (114)

115. ਅੱਲਾਹ ਨੇ ਕਿਹਾ ਕਿ ਮੈਂ ਉਹ ਭੋਜਨ ਤੁਹਾਡੇ ਲਈ ਉਤਾਰਾਂਗਾ, ਜੋ ਫੇਰ ਵੀ ਤੁਹਾਡੇ ਵਿੱਚੋਂ ਕੋਈ ਇਨਕਾਰ ਕਰੇਗਾ, ਤਾਂ ਮੈਂ ਉਸ ਨੂੰ ਅਜਿਹੀ ਸਜ਼ਾ ਦੇਵਾਂਗਾ ਕਿ ਉਹ ਸਜ਼ਾ ਦੁਨੀਆਂ ਜਹਾਨ ਵਿਚ ਕਿਸੇ ਹੋਰ ਨੂੰ ਨਹੀਂ ਦੇਵਾਂਗਾ।

قال الله اني منزلها عليكم ۚ فمن يكفر بعد
منكم فاني اعذبه عذابا لا اعذبه احدا
من العلمين ١١٥

116. ਉਹ ਸਮਾਂ ਵੀ ਯਾਦ ਰੱਖੋ, ਜਦੋਂ ਅੱਲਾਹ ਆਖੇਗਾ ਕਿ ਹੇ ਮਰੀਅਮ ਦੇ ਪੁੱਤਰ ਈਸਾ! ਕੀ ਤੂੰ ਇਹਨਾਂ ਨੂੰ ਕਿਹਾ ਸੀ ਕਿ ਮੈਨੂੰ ਅਤੇ ਮੇਰੀ ਮਾਂ ਨੂੰ ਅੱਲਾਹ ਨੂੰ ਛੱਡ ਕੇ ਇਸ਼ਟ ਬਣਾਓ? ਤਾਂ ਉਹ ਆਖੇਗਾ ਕਿ ਤੂੰ ਪਾਕ ਹੈਂ, ਮੈਨੂੰ ਕਿਸੇ ਪ੍ਰਕਾਰ ਵੀ ਇਹ ਸ਼ੋਭਾ ਨਹੀਂ ਦਿੰਦਾ ਕਿ ਮੈਂ ਅਜਿਹੀ ਗੱਲ ਕਹਾਂ ਜਿਸ ਦਾ ਮੈਨੂੰ ਕੋਈ ਵੀ ਅਧਿਕਾਰ ਨਹੀਂ, ਜੇ ਮੈਂ ਇਹ ਗੱਲ ਕਹੀ ਹੋਵੇਗੀ ਤਾਂ ਤੁਹਾਨੂੰ ਪਤਾ ਹੀ ਹੋਵੇਗੀ, ਤੂੰ ਤਾਂ ਮੇਰੇ ਦਿਲ ਦੀਆਂ ਗੱਲਾਂ ਵੀ ਜਾਣਦਾ ਹੈਂ, ਪਰ ਮੈਂ ਤੇਰੇ ਦਿਲ ਦੀਆਂ ਗੱਲਾਂ ਨਹੀਂ ਜਾਣਦਾ। ਤੂੰ ਸਾਰੀਆਂ ਗ਼ੈਬ ਦੀਆਂ ਗੱਲਾਂ ਦਾ ਜਾਣਨ ਵਾਲਾ ਹੈਂ।

واذ قال الله يعيسى ابن مريم ءانت
قلت للناس اتخذوني وامي الهين من
دون الله ۖ قال سبحنك ما يكون لي ان
اقول ما ليس لي بحق ۚ ان كنت قلته
فقد علمته ۚ تعلم ما في نفسي ولا اعلم
ما في نفسك ۚ انك انت علام الغيوب ١١٦

117. ਮੈਂ ਉਹਨਾਂ ਨੂੰ ਛੁੱਟ ਉਸ ਤੋਂ ਜਿਸ ਦਾ ਤੂੰ ਮੈਨੂੰ ਹੁਕਮ ਦਿੱਤਾ ਸੀ, ਕੁੱਝ ਵੀ ਨਹੀਂ ਕਿਹਾ ਕਿ ਤੁਸੀਂ ਅੱਲਾਹ ਦੀ ਬੰਦਗੀ ਕਰੋ, ਜਿਹੜਾ ਮੇਰਾ ਵੀ ਰੱਬ ਹੈ ਅਤੇ ਤੁਹਾਡਾ ਵੀ ਰੱਬ ਹੈ। ਮੈਂ ਜਦੋਂ ਤਕ ਇਹਨਾਂ ਵਿਚ ਰਿਹਾ ਇਹਨਾਂ ਦੀ ਰਾਖੀ ਕੀਤੀ ਜਦੋਂ ਤੂੰ ਮੈਨੂੰ ਚੁੱਕ ਲਿਆ ਫੇਰ ਤੂੰ ਹੀ ਇਹਨਾਂ ਦੀ ਰਾਖੀ ਕਰਨ ਵਾਲਾ ਸੀ। ਤੂੰ ਹੀ ਹਰ ਚੀਜ਼ ਦੀ ਰਾਖੀ ਕਰਨ ਵਾਲਾ ਹੈਂ।

ما قلت لهم الا ما امرتني به ان اعبدوا الله
ربي وربكم ۚ وكنت عليهم شهيدا ما دمت
فيهم ۚ فلما توفيتني كنت انت الرقيب عليهم ۚ
وانت على كل شيء شهيد ١١٧

118 ਜੇ ਤੂੰ ਇਹਨਾਂ ਨੂੰ ਸਜ਼ਾ ਦੇਵੇਂਗਾ ਤਾਂ ਇਹ ਤੇਰੇ ਬੰਦੇ ਹਨ, ਜੇ ਤੂੰ ਇਹਨਾਂ ਨੂੰ ਮੁਆਫ਼ ਕਰ

ان تعذبهم فانهم عبادك ۚ وان تغفر لهم
فانك انت العزيز الحكيم ١١٨

ਦੇਵੇਂ, ਤਾਂ ਬੇਸ਼ੱਕ ਤੂੰ ਵੱਡਾ ਜ਼ੋਰਾਵਰ ਤੇ ਹਿਕਮਤ ਵਾਲਾ ਹੈ।[1]

119. ਅੱਲਾਹ ਆਖੇਗਾ ਕਿ ਇਹ (ਕਿਆਮਤ) ਉਹ ਦਿਨ ਹੈ ਕਿ ਸੱਚ ਬੋਲਣ ਵਾਲਿਆਂ ਨੂੰ ਉਹਨਾਂ ਦਾ ਸੱਚ ਬੋਲਣਾ ਲਾਭਦਾਇਕ ਸਿੱਧ ਹੋਵੇਗਾ। ਉਹਨਾਂ ਨੂੰ ਇਸ ਸੱਚ ਦੇ ਬਦਲੇ ਵਿਚ ਬਾਗ਼ ਮਿਲਣਗੇ ਜਿਨ੍ਹਾਂ ਹੇਠ ਨਹਿਰਾਂ ਵਗਦੀਆਂ ਹੋਣਗੀਆਂ, ਜਿਸ ਵਿਚ ਉਹ ਸਦਾ ਰਹਿਣਗੇ। ਅੱਲਾਹ ਉਹਨਾਂ ਤੋਂ ਰਾਜ਼ੀ ਹੋਵੇਗਾ ਅਤੇ ਉਹ ਅੱਲਾਹ ਤੋਂ ਰਾਜ਼ੀ ਹੋਣਗੇ। ਇਹੋ ਅਸਲੀ ਕਾਮਯਾਬੀ ਹੈ।

قَالَ اللَّهُ هَٰذَا يَوْمُ يَنفَعُ الصَّادِقِينَ صِدْقُهُمْ ۚ لَهُمْ جَنَّاتٌ تَجْرِي مِن تَحْتِهَا الْأَنْهَارُ خَالِدِينَ فِيهَا أَبَدًا ۚ رَّضِيَ اللَّهُ عَنْهُمْ وَرَضُوا عَنْهُ ۚ ذَٰلِكَ الْفَوْزُ الْعَظِيمُ ﴿١١٩﴾

120 ਅਕਾਸ਼ਾਂ ਤੇ ਧਰਤੀ ਅਤੇ ਇਹਨਾਂ ਵਿਚਾਲੇ ਦੀ ਹਰ ਚੀਜ਼ ਉੱਤੇ ਅੱਲਾਹ ਦੀ ਹੀ ਹਕੂਮਤ ਹੈ ਅਤੇ ਹਰੇਕ ਚੀਜ਼ ਉਸੇ ਦੇ ਕਾਬੂ ਵਿਚ ਹੈ।

لِلَّهِ مُلْكُ السَّمَاوَاتِ وَالْأَرْضِ وَمَا فِيهِنَّ ۚ وَهُوَ عَلَىٰ كُلِّ شَيْءٍ قَدِيرٌ ﴿١٢٠﴾

6. ਸੂਰਤ ਅਲ-ਅਨਾਮ (ਮੱਕੀ-55)

سُورَةُ الْأَنْعَامِ

(ਆਇਤਾਂ 165, ਰੁਕੂਅ 20)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਸਾਰੀਆਂ ਤਾਰੀਫ਼ਾਂ ਉਸ ਅੱਲਾਹ ਲਈ ਜਿਸ ਨੇ ਅਕਾਸ਼ਾਂ ਤੇ ਧਰਤੀ ਨੂੰ ਸਾਜਿਆ ਹੈ, ਹਨੇਰਿਆਂ ਨੂੰ ਅਤੇ ਰੌਸ਼ਨੀ (ਨੂਰ) ਨੂੰ ਬਣਾਇਆ, ਫੇਰ ਵੀ ਕਾਫ਼ਿਰ ਲੋਕ (ਹੋਰਾਂ ਨੂੰ) ਆਪਣੇ ਪਾਲਣਹਾਰ ਦੇ ਬਰਾਬਰ ਦਰਜਾ ਦਿੰਦੇ ਹਨ।

الْحَمْدُ لِلَّهِ الَّذِي خَلَقَ السَّمَاوَاتِ وَالْأَرْضَ وَجَعَلَ الظُّلُمَاتِ وَالنُّورَ ۖ ثُمَّ الَّذِينَ كَفَرُوا بِرَبِّهِمْ يَعْدِلُونَ ﴿١﴾

---

[1] ਨਬੀ (ਸ:) ਵੀ ਕਿਆਮਤ ਦਿਹਾੜੇ ਇਹੀ ਸ਼ਬਦ ਬੋਲਣਗੇ ਜਿਵੇਂ ਹਦੀਸ ਵਿਚ ਹੈ ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ ਕਿਆਮਤ ਦਿਹਾੜੇ ਤੁਹਾਨੂੰ ਸਭ ਇਕੱਠਾ ਕੀਤਾ ਜਾਵੇਗਾ ਕੁੱਝ ਲੋਕਾਂ ਨੂੰ ਖੱਬੇ ਪਾਸੇ ਨਰਕ ਵੱਲ ਲਿਜਾਇਆ ਜਾਵੇਗਾ, ਮੈਂ ਉਸ ਸਮੇਂ ਉਹੀਓ ਸ਼ਬਦਾਂ ਜੋ ਅੱਲਾਹ ਦੇ ਨੇਕ ਬੰਦੇ ਹਜ਼ਰਤ ਈਸਾ ਨੇ ਆਖਿਆ ਸੀ। (ਸਹੀ ਬੁਖ਼ਾਰੀ, ਹਦੀਸ: 4626)

هُوَ الَّذِي خَلَقَكُم مِّن طِينٍ ثُمَّ قَضَىٰ أَجَلًا ۖ
وَأَجَلٌ مُّسَمًّى عِندَهُ ۖ ثُمَّ أَنتُمْ تَمْتَرُونَ ﴿٢﴾

2. ਉਹ (ਅੱਲਾਹ) ਉਹੀਓ ਹੈ ਜਿਸ ਨੇ ਤੁਹਾਨੂੰ (ਮਨੁੱਖਾਂ ਨੂੰ) ਮਿੱਟੀ ਤੋਂ ਪੈਦਾ ਕੀਤਾ ਹੈ, ਫੇਰ ਉਸ ਨੇ (ਤੁਹਾਡੇ ਲਈ) ਇਕ ਸਮਾਂ (ਮੌਤ) ਦਾ ਨਿਸ਼ਚਿਤ ਕੀਤਾ ਅਤੇ ਉਸ ਦੇ ਕੋਲ (ਕਿਆਮਤ ਦਾ) ਸਮਾਂ ਵੀ ਨਿਸ਼ਚਿਤ ਕੀਤਾ ਹੋਇਆ ਹੈ। (ਵਿਸ਼ੇਸ਼ ਕਿਆਮਤ ਦਾ ਸਮਾਂ ਅੱਲਾਹ ਨੂੰ ਹੀ ਪਤਾ ਹੈ) ਤੁਸੀਂ ਫੇਰ ਵੀ ਸ਼ੱਕ ਕਰਦੇ ਹੋ।

وَهُوَ اللَّهُ فِي السَّمَاوَاتِ وَفِي الْأَرْضِ ۖ يَعْلَمُ
سِرَّكُمْ وَجَهْرَكُمْ وَيَعْلَمُ مَا تَكْسِبُونَ ﴿٣﴾

3 ਅਤੇ ਉਹੀਓ ਅੱਲਾਹ ਅਕਾਸ਼ਾਂ ਵਿਚ ਵੀ ਹੈ ਤੇ ਧਰਤੀ ਵਿਚ ਵੀ ਉਹੀਓ ਹੈ। ਉਹ ਤੁਹਾਡੀਆਂ ਗੁਪਤ ਗੱਲਾਂ ਨੂੰ ਵੀ ਅਤੇ ਤੁਹਾਡੇ ਜ਼ਾਹਿਰ (ਵਿਖਾਵੇ) ਨੂੰ ਵੀ ਜਾਣਦਾ ਹੈ ਅਤੇ ਉਹ ਸਭ ਉਹ ਵੀ ਜਾਣਦਾ ਹੈ ਜੋ ਤੁਸੀਂ ਕਰਦੇ ਹੋ।

وَمَا تَأْتِيهِم مِّنْ آيَةٍ مِّنْ آيَاتِ رَبِّهِمْ إِلَّا كَانُوا
عَنْهَا مُعْرِضِينَ ﴿٤﴾

4 ਅਤੇ ਇਹਨਾਂ ਕੋਲ ਇਹਨਾਂ ਦੇ ਰੱਬ ਦੀਆਂ ਨਿਸ਼ਾਨੀਆਂ ਵਿੱਚੋਂ ਕੋਈ ਵੀ ਨਿਸ਼ਾਨੀ ਅਜਿਹੀ ਨਹੀਂ ਆਈ ਜਿਸ ਤੋਂ ਇਹਨਾਂ ਨੇ ਮੂੰਹ ਨਾ ਮੋੜਿਆ ਹੋਵੇ।

فَقَدْ كَذَّبُوا بِالْحَقِّ لَمَّا جَاءَهُمْ ۖ فَسَوْفَ يَأْتِيهِمْ
أَنبَاءُ مَا كَانُوا بِهِ يَسْتَهْزِئُونَ ﴿٥﴾

5 ਜਦੋਂ ਉਹਨਾਂ ਕੋਲ ਹੱਕ (ਕੁਰਆਨ) ਆ ਗਿਆ ਤਾਂ ਉਹਨਾਂ ਨੇ ਇਸ ਨੂੰ ਵੀ ਝੁਠਲਾਇਆ। ਸੋ ਛੇਤੀ ਹੀ ਉਹਨਾਂ (ਇਨਕਾਰੀਆਂ) ਨੂੰ (ਉਸ ਦੀ ਸੱਚਾਈ ਦਾ) ਪਤਾ ਲੱਗ ਜਾਵੇਗਾ ਜਿਸ ਚੀਜ਼ ਨਾਲ ਇਹ ਲੋਕ ਮਖੌਲ ਕਰਿਆ ਕਰਦੇ ਸਨ।[1]

أَلَمْ يَرَوْا كَمْ أَهْلَكْنَا مِن قَبْلِهِم مِّن قَرْنٍ
مَّكَّنَّاهُمْ فِي الْأَرْضِ مَا لَمْ نُمَكِّن لَّكُمْ وَأَرْسَلْنَا
السَّمَاءَ عَلَيْهِم مِّدْرَارًا وَجَعَلْنَا الْأَنْهَارَ تَجْرِي
مِن تَحْتِهِمْ فَأَهْلَكْنَاهُم بِذُنُوبِهِمْ وَأَنشَأْنَا مِن
بَعْدِهِمْ قَرْنًا آخَرِينَ ﴿٦﴾

6 ਕੀ ਉਹਨਾਂ ਨੇ ਨਹੀਂ ਵੇਖਿਆ ਕਿ ਇਹਨਾਂ ਤੋਂ ਪਹਿਲਾਂ ਅਸੀਂ ਕਿੰਨੀਆਂ ਹੀ ਕੌਮਾਂ ਨੂੰ ਹਲਾਕ ਕਰ ਚੁੱਕੇ ਹਾਂ ਜਿਨ੍ਹਾਂ ਨੂੰ ਅਸੀਂ ਧਰਤੀ ਉੱਤੇ ਇੰਨਾ ਸ਼ਕਤੀਸ਼ਾਲੀ ਬਣਾਇਆ ਸੀ ਕਿ ਤੁਹਾਨੂੰ ਤਾਂ ਉਹ ਸ਼ਕਤੀ ਦਿੱਤੀ ਹੀ ਨਹੀਂ। ਅਸੀਂ ਉਹਨਾਂ ਉੱਤੇ ਅਕਾਸ਼ ਤੋਂ ਮੋਸਲਾਧਾਰ ਬਾਰਿਸ਼ ਕੀਤੀ ਅਤੇ

---

[1] ਉਹਨਾਂ ਸਾਰਿਆਂ ਨੂੰ ਅੱਲਾਹ ਦਾ ਅਜ਼ਾਬ ਮਿਲੇਗਾ ਕਿਉਂ ਜੋ ਹਜ਼ਰਤ ਮੁਹੰਮਦ (ਸ:) ਦੀ ਨਬੁੱਵਤ ਤੇ ਰਿਸਾਲਤ ਉੱਤੇ ਈਮਾਨ ਲਿਆਉਣਾ ਸਾਰੇ ਮਨੁੱਖਾਂ ਲਈ ਜ਼ਰੂਰੀ ਹੈ। ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

ਨਹਿਰਾਂ ਬਣਾਈਆਂ ਜਿਹੜੀਆਂ ਉਹਨਾਂ ਦੇ ਘਰਾਂ ਹੇਠ ਵਗਦੀਆਂ ਸਨ। ਫੇਰ ਅਸੀਂ ਉਹਨਾਂ ਦੇ ਪਾਪਾਂ ਕਾਰਨ ਉਹਨਾਂ ਨੂੰ ਹਲਾਕ ਕਰ ਦਿੱਤਾ ਅਤੇ ਉਹਨਾਂ ਦੀ ਥਾਂ ਦੂਜੀਆਂ ਕੌਮਾਂ ਪੈਦਾ ਕੀਤੀਆਂ।

7. (ਹੇ ਨਬੀ!) ਜੇ ਅਸੀਂ ਕਾਗ਼ਜ਼ 'ਤੇ ਲਿਖੀ ਹੋਈ ਕੋਈ ਕਿਤਾਬ ਤੁਹਾਡੇ ਉੱਤੇ ਨਾਜ਼ਿਲ ਕਰ ਦਿੰਦੇ, ਫੇਰ ਇਹ (ਮੱਕੇ ਦੇ ਕਾਫ਼ਿਰ) ਲੋਕ ਇਸ ਨੂੰ ਆਪਣੇ ਹੱਥੀਂ ਛੂਹ ਕੇ ਵੀ ਵੇਖ ਲੈਂਦੇ ਤਾਂ ਵੀ ਇਹ ਕਾਫ਼ਿਰ ਜ਼ਰੂਰ ਇਹੋ ਆਖਦੇ ਕਿ ਇਹ ਤਾਂ ਪਰਤੱਖ ਜਾਦੂ ਹੀ ਹੈ।

وَلَوْ نَزَّلْنَا عَلَيْكَ كِتَابًا فِي قِرْطَاسٍ فَلَمَسُوهُ
بِأَيْدِيهِمْ لَقَالَ الَّذِينَ كَفَرُوا إِنْ هَٰذَا
إِلَّا سِحْرٌ مُبِينٌ 7

8. ਇਹ ਲੋਕ ਤਾਂ ਇਹ ਵੀ ਕਹਿੰਦੇ ਹਨ ਕਿ ਇਸ ਨਬੀ ਉੱਤੇ ਕੋਈ ਫ਼ਰਿਸ਼ਤਾ ਕਿਉਂ ਨਹੀਂ ਉਤਾਰਿਆ ਗਿਆ। (ਹੇ ਨਬੀ!) ਜੇ ਅਸੀਂ ਕੋਈ ਫ਼ਰਿਸ਼ਤਾ ਵੀ ਭੇਜ ਦਿੰਦੇ ਤਾਂ ਸਾਰਾ ਕਿੱਸਾ ਹੀ ਖ਼ਤਮ ਹੋ ਗਿਆ ਹੁੰਦਾ। ਫੇਰ ਇਹਨਾਂ ਨੂੰ ਕੋਈ ਢਿੱਲ ਵੀ ਨਾ ਮਿਲਦੀ।

وَقَالُوا لَوْلَا أُنْزِلَ عَلَيْهِ مَلَكٌ ۖ وَلَوْ أَنْزَلْنَا
مَلَكًا لَقُضِيَ الْأَمْرُ ثُمَّ لَا يُنْظَرُونَ 8

9. ਜੇ ਅਸੀਂ ਇਸ (ਨਬੀ ਨੂੰ) ਫ਼ਰਿਸ਼ਤਾ ਬਣਾ ਕੇ ਉਤਾਰਦੇ ਤਾਂ ਵੀ ਉਹ ਮਨੁੱਖੀ ਰੂਪ ਵਿਚ ਹੀ ਆਉਂਦਾ। ਇਸੇ ਪ੍ਰਕਾਰ ਦਾ ਸ਼ੱਕ ਇਹ ਫੇਰ ਵੀ ਕਰਦੇ ਜਿਸ ਵਿਚ ਇਹ ਹੁਣ ਫਸੇ ਹੋਏ ਹਨ।

وَلَوْ جَعَلْنَاهُ مَلَكًا لَجَعَلْنَاهُ رَجُلًا وَلَلَبَسْنَا
عَلَيْهِمْ مَا يَلْبِسُونَ 9

10. ਹੇ ਨਬੀ! ਤੁਹਾਥੋਂ ਪਹਿਲਾਂ ਜਿਹੜੇ ਵੀ ਪੈਗ਼ੰਬਰ ਹੋਏ ਹਨ, ਉਹਨਾਂ ਦਾ ਵੀ ਮਖੌਲ ਕੀਤਾ ਗਿਆ ਸੀ। ਫੇਰ ਇਹਨਾਂ ਵਿੱਚੋਂ ਜਿਹੜੇ ਲੋਕਾਂ ਨੇ ਮਖੌਲ ਕੀਤਾ ਸੀ, ਉਹਨਾਂ ਨੂੰ ਉਸ ਅਜ਼ਾਬ ਨੇ ਆ ਘੇਰਿਆ, ਜਿਸ ਦਾ ਉਹ ਮਖੌਲ ਉਡਾਇਆ ਕਰਦੇ ਸਨ।

وَلَقَدِ اسْتُهْزِئَ بِرُسُلٍ مِنْ قَبْلِكَ فَحَاقَ بِالَّذِينَ
سَخِرُوا مِنْهُمْ مَا كَانُوا بِهِ يَسْتَهْزِئُونَ 10

11 (ਹੇ ਨਬੀ!) ਤੁਸੀਂ ਆਖ ਦਿਓ ਕਿ ਰਤਾ ਧਰਤੀ ਉੱਤੇ ਘੁੰਮ ਫਿਰ ਕੇ ਵੇਖੋ ਕਿ (ਰੱਬ ਦੇ) ਇਨਕਾਰੀਆਂ ਦਾ ਕਿਹੋ ਜਿਹਾ ਅੰਤ ਹੋਇਆ ਸੀ।

قُلْ سِيرُوا فِي الْأَرْضِ ثُمَّ انْظُرُوا كَيْفَ كَانَ
عَاقِبَةُ الْمُكَذِّبِينَ 11

12 ਇਹਨਾਂ ਤੋਂ ਪੁੱਛੋ। ਕਿ ਜੋ ਕੁੱਝ ਵੀ ਅਕਾਸ਼ਾਂ ਤੇ ਧਰਤੀ ਵਿਚ ਮੌਜੂਦ ਹੈ ਉਹਨਾਂ ਸਭ ਦਾ ਮਾਲਿਕ ਕੌਣ ਹੈ? ਤੁਸੀਂ ਕਹੋ ਕਿ ਸਭ ਦਾ ਮਾਲਿਕ ਅੱਲਾਹ ਹੀ ਹੈ। ਅੱਲਾਹ ਨੇ (ਆਪਣੀ ਮਖ਼ਲੂਕ ਉੱਤੇ) ਮਿਹਰਬਾਨੀ[1] ਕਰਨਾ ਆਪਣੇ ਲਈ ਲਾਜ਼ਮ ਕਰ ਲਿਆ ਹੈ। ਉਹ ਕਿਆਮਤ ਦਿਹਾੜੇ ਤੁਹਾਨੂੰ ਸਾਰਿਆਂ ਨੂੰ ਜ਼ਰੂਰ ਹੀ ਇਕੱਠਾ ਕਰੇਗਾ, ਜਿਸ ਦੇ ਆਉਣ ਵਿਚ ਕੋਈ ਸ਼ੱਕ ਨਹੀਂ। ਜਿਨ੍ਹਾਂ ਲੋਕਾਂ ਨੇ ਆਪਣੇ ਆਪ ਨੂੰ ਘਾਟੇ ਵਿਚ ਰੱਖਿਆ ਹੈ ਉਹ ਈਮਾਨ ਨਹੀਂ ਲਿਆਉਣਗੇ।

قُلْ لِمَنْ مَا فِي السَّمٰوٰتِ وَالْأَرْضِ ۖ قُلْ لِلّٰهِ ۚ
كَتَبَ عَلٰى نَفْسِهِ الرَّحْمَةَ ۚ لَيَجْمَعَنَّكُمْ إِلٰى يَوْمِ
الْقِيٰمَةِ لَا رَيْبَ فِيهِ ۚ الَّذِينَ خَسِرُوا أَنْفُسَهُمْ
فَهُمْ لَا يُؤْمِنُونَ ١٢

13 ਰਾਤ (ਦੇ ਹਨੇਰਿਆਂ) ਅਤੇ ਦਿਨ (ਦੇ ਉਜਾਲੇ) ਵਿਚ ਜੋ ਕੁੱਝ ਮੌਜੂਦ ਹੈ, ਉਹ ਸਭ ਅੱਲਾਹ ਦਾ ਹੀ ਹੈ। ਉਹ ਸਭ ਕੁੱਝ ਸੁਣਦਾ ਤੇ ਭਲੀ ਭਾਂਤ ਜਾਣਦਾ ਹੈ।

وَلَهُ مَا سَكَنَ فِي اللَّيْلِ وَالنَّهَارِ ۚ وَهُوَ السَّمِيعُ
الْعَلِيمُ ١٣

14. (ਹੇ ਨਬੀ!) ਤੁਸੀਂ ਆਖ ਦਿਓ, ਕੀ ਮੈਂ ਉਸ ਅੱਲਾਹ ਤੋਂ ਛੁੱਟ ਕਿਸੇ ਹੋਰ ਨੂੰ ਆਪਣਾ ਇਸ਼ਟ ਬਣਾ ਲਵਾਂ? ਉਹੀਓ ਅਕਾਸ਼ਾਂ ਤੇ ਧਰਤੀ ਦਾ ਪੈਦਾ ਕਰਨ ਵਾਲਾ ਹੈ, ਉਹ (ਸਭ ਨੂੰ) ਖਾਣ ਨੂੰ ਦਿੰਦਾ ਹੈ ਅਤੇ ਉਸ ਨੂੰ ਕੋਈ ਖਾਣ ਨੂੰ ਨਹੀਂ ਦਿੰਦਾ। ਸੋ ਤੁਸੀਂ ਆਖ ਦਿਓ ਕਿ ਮੈਨੂੰ ਇਹ ਹੁਕਮ ਹੋਇਆ ਹੈ ਕਿ ਸਭ ਤੋਂ ਪਹਿਲਾਂ ਮੈਂ ਇਸਲਾਮ ਕਬੂਲ ਕਰਾਂ ਅਤੇ ਮੁਸ਼ਰਿਕਾਂ ਵਿਚ ਸ਼ਾਮਿਲ ਨਾ ਹੋਵਾਂ।

قُلْ أَغَيْرَ اللّٰهِ أَتَّخِذُ وَلِيًّا فَاطِرِ السَّمٰوٰتِ وَالْأَرْضِ
وَهُوَ يُطْعِمُ وَلَا يُطْعَمُ ۗ قُلْ إِنِّي أُمِرْتُ أَنْ
أَكُونَ أَوَّلَ مَنْ أَسْلَمَ ۖ وَلَا تَكُونَنَّ مِنَ
الْمُشْرِكِينَ ١٤

---

[1] ਕਿਉਂ ਜੋ ਉਹ ਅਤਿਅੰਤ ਰਹਿਮ ਵਾਲਾ ਹੈ। ਉਸ ਦੀ ਰਹਿਮਤ ਦਾ ਕੋਈ ਅੰਤ ਨਹੀਂ। ਹਦੀਸ ਵਿਚ ਹੈ ਕਿ ਅੱਲਾਹ ਨੇ ਆਪਣੀ ਰਹਿਮਤ ਦੇ 100 ਭਾਗ ਕੀਤੇ ਅਤੇ ਉਹਨਾਂ 'ਚੋਂ 99 ਹਿੱਸੇ ਆਪਣੇ ਕੋਲ ਰੱਖ ਹੋਏ ਹਨ ਅਤੇ ਕੇਵਲ ਇਕ ਭਾਗ ਧਰਤੀ 'ਤੇ ਉਤਾਰਿਆ ਹੈ, ਇਸ ਇਕ ਭਾਗ ਕਾਰਨ ਹੀ ਮਖ਼ਲੂਕ ਇਕ ਦੂਜੇ 'ਤੇ ਰਹਿਮ ਕਰਦੀ ਹੈ। ਇੱਥੋਂ ਤਕ ਕਿ ਘੋੜੀ ਵੀ ਆਪਣੇ ਖੁਰ ਨੂੰ ਆਪਣੇ ਬੱਚੇ ਨਾਲ ਲੱਗਣ ਨਹੀਂ ਦਿੰਦੀ ਤਾਂ ਜੋ ਉਸ ਨੂੰ ਕੋਈ ਤਕਲੀਫ਼ ਨਾ ਹੋਵੇ (ਸਹੀ ਬੁਖ਼ਾਰੀ, ਹਦੀਸ: 6000)

15. (ਹੇ ਨਬੀ!) ਤੁਸੀਂ ਆਖੋ ਕਿ ਜੇ ਮੈਂ ਆਪਣੇ ਰੱਬ ਦਾ ਕਹਿਣਾ ਨਾ ਮੰਨਿਆ ਤਾਂ ਮੈਂ ਇਕ ਵੱਡੇ (ਕਿਆਮਤ ਦੇ) ਦਿਨ ਦੇ ਅਜ਼ਾਬ ਭੋਗਣ ਤੋਂ ਡਰਦਾ ਹਾਂ।

قُلْ إِنِّيٓ أَخَافُ إِنْ عَصَيْتُ رَبِّي عَذَابَ يَوْمٍ عَظِيمٍ ﴿١٥﴾

16. ਜਿਸ ਵਿਅਕਤੀ ਤੋਂ ਉਸ ਦਿਨ (ਨਰਕ ਦਾ) ਅਜ਼ਾਬ ਹਟਾ ਦਿੱਤਾ ਜਾਵੇਗਾ, ਉਸ ਉੱਤੇ ਅੱਲਾਹ ਦਾ ਬਹੁਤ ਹੀ ਵੱਡਾ ਰਹਿਮ ਹੋਵੇਗਾ। ਇਹੋ ਅਸਲੀ ਕਾਮਯਾਬੀ ਹੈ।

مَّن يُصْرَفْ عَنْهُ يَوْمَئِذٍ فَقَدْ رَحِمَهُۥ ۚ وَذَٰلِكَ ٱلْفَوْزُ ٱلْمُبِينُ ﴿١٦﴾

17. ਜੇ ਤੁਹਾਨੂੰ ਅੱਲਾਹ ਵੱਲੋਂ ਕੋਈ ਦੁਖ-ਤਕਲੀਫ਼ ਆਵੇ ਤਾਂ ਉਸ ਦਾ ਦੂਰ ਕਰਨ ਵਾਲਾ ਵੀ ਅੱਲਾਹ ਤੋਂ ਛੁੱਟ ਹੋਰ ਕੋਈ ਨਹੀਂ। ਜੇ ਅੱਲਾਹ ਤੁਹਾਨੂੰ ਕਿਸੇ ਭਲਾਈ ਨਾਲ ਨਿਵਾਜੇ ਤਾਂ (ਉਹੀਓ ਦੇ ਸਕਦਾ ਹੈ ਕਿਉਂ ਜੋ) ਉਹ ਹਰ ਚੀਜ਼ 'ਤੇ ਕੁਦਰਤ ਰੱਖਣ ਵਾਲਾ ਹੈ।

وَإِن يَمْسَسْكَ ٱللَّهُ بِضُرٍّ فَلَا كَاشِفَ لَهُۥٓ إِلَّا هُوَ ۖ وَإِن يَمْسَسْكَ بِخَيْرٍ فَهُوَ عَلَىٰ كُلِّ شَىْءٍ قَدِيرٌ ﴿١٧﴾

18. ਉਹੀਓ ਆਪਣੇ ਬੰਦਿਆਂ ਉੱਤੇ ਪੂਰਨ ਅਧਿਕਾਰ ਰੱਖਦਾ ਹੈ ਅਤੇ ਉਹੀਓ ਵੱਡੀਆਂ ਹਿਕਮਤਾਂ ਵਾਲਾ ਅਤੇ ਸਾਰੀਆਂ ਖ਼ਬਰਾਂ ਰੱਖਣ ਵਾਲਾ ਹੈ।

وَهُوَ ٱلْقَاهِرُ فَوْقَ عِبَادِهِۦ ۚ وَهُوَ ٱلْحَكِيمُ ٱلْخَبِيرُ ﴿١٨﴾

19. (ਹੇ ਨਬੀ!) ਤੁਸੀਂ ਇਹਨਾਂ ਤੋਂ ਪੁੱਛੋ ਕਿ ਗਵਾਹੀ ਵਜੋਂ ਸਭ ਤੋਂ ਵੱਡੀ ਚੀਜ਼ ਕਿਹੜੀ ਹੈ? ਤੁਸੀਂ ਆਖੋ ਕਿ ਮੇਰੇ ਤੇ ਤੁਹਾਡੇ ਵਿਚਕਾਰ ਅੱਲਾਹ ਹੀ ਗਵਾਹ ਹੈ ਅਤੇ ਮੇਰੇ ਵੱਲ ਇਹ ਵਹੀ (ਕੁਰਆਨ) (ਜਿਬਰਾਈਲ ਨਾਂ ਦੇ ਫ਼ਰਿਸ਼ਤੇ ਦੁਆਰਾ) ਭੇਜੀ ਗਈ ਹੈ ਤਾਂ ਜੋ ਮੈਂ ਇਸ ਕੁਰਆਨ ਦੁਆਰਾ ਤੁਹਾਨੂੰ ਅਤੇ ਜਿਸ ਤਕ ਵੀ ਇਹ (ਕੁਰਆਨ) ਪਹੁੰਚੇ, ਉਹਨਾਂ ਸਭ ਨੂੰ (ਰੱਬ ਦੇ ਅਜ਼ਾਬ ਤੋਂ) ਡਰਾਵਾਂ। ਕੀ ਤੁਸੀਂ ਵਾਸਤਵ ਵਿਚ ਵੀ ਇਹ ਗਵਾਹੀ ਦੇਵੋਗੇ ਕਿ ਅੱਲਾਹ ਦੇ ਨਾਲ ਦੂਜੇ ਵੀ ਇਸ਼ਟ ਹਨ? (ਹੇ ਨਬੀ!) ਤੁਸੀਂ ਆਖ ਦਿਓ ਕਿ ਮੈਂ ਇਹ ਗਵਾਹੀ

قُلْ أَىُّ شَىْءٍ أَكْبَرُ شَهَٰدَةً ۖ قُلِ ٱللَّهُ ۖ شَهِيدٌۢ بَيْنِى وَبَيْنَكُمْ ۚ وَأُوحِىَ إِلَىَّ هَٰذَا ٱلْقُرْءَانُ لِأُنذِرَكُم بِهِۦ وَمَنۢ بَلَغَ ۚ أَئِنَّكُمْ لَتَشْهَدُونَ أَنَّ مَعَ ٱللَّهِ ءَالِهَةً أُخْرَىٰ ۚ قُل لَّآ أَشْهَدُ ۚ قُلْ إِنَّمَا هُوَ إِلَٰهٌ وَٰحِدٌ وَإِنَّنِى بَرِىٓءٌ مِّمَّا تُشْرِكُونَ ﴿١٩﴾

ਕਦੇ ਵੀ ਨਹੀਂ ਦਿੰਦਾ ਅਤੇ ਇਹ ਵੀ ਆਖ ਦਿਓ ਕਿ ਕੇਵਲ ਉਹੀਓ ਇੱਕੋ ਇੱਕ (ਅੱਲਾਹ ਹੀ) ਇਸ਼ਟ ਹੈ ਅਤੇ ਮੈਂ ਉਹਨਾਂ ਤੋਂ ਬਰੀ ਹਾਂ ਜਿਹੜੇ ਸ਼ਰੀਕ ਤੁਸੀਂ ਬਣਾ ਰਹੇ ਹੋ।

الَّذِينَ آتَيْنَاهُمُ الْكِتَابَ يَعْرِفُونَهُ كَمَا يَعْرِفُونَ
أَبْنَاءَهُمُ ۘ الَّذِينَ خَسِرُوا أَنفُسَهُمْ فَهُمْ
لَا يُؤْمِنُونَ ٢٠

20. ਜਿਨ੍ਹਾਂ ਲੋਕਾਂ ਨੂੰ ਅਸੀਂ ਕਿਤਾਬ (ਤੌਰੇਤ ਤੇ ਇੰਜੀਲ) ਦਿੱਤੀ ਉਹ ਇਸ (.ਕੁਰਆਨ ਤੇ ਰਸੂਲ ਨੂੰ) ਇੰਝ ਪਛਾਣਦੇ ਹਨ ਜਿਵੇਂ ਆਪਣੇ ਪੁੱਤਰਾਂ ਨੂੰ ਪਛਾਣਦੇ ਹਨ। ਜਿਨ੍ਹਾਂ ਨੇ ਆਪਣੇ ਆਪ ਨੂੰ ਘਾਟੇ ਵਿਚ ਪਾ ਛੱਡਿਆ ਹੈ, ਉਹ ਈਮਾਨ ਨਹੀਂ ਲਿਆਉਣਗੇ।[1]

وَمَنْ أَظْلَمُ مِمَّنِ افْتَرَىٰ عَلَى اللَّهِ كَذِبًا أَوْ كَذَّبَ
بِآيَاتِهِ ۗ إِنَّهُ لَا يُفْلِحُ الظَّالِمُونَ ٢١

21 ਉਸ ਵਿਅਕਤੀ ਤੋਂ ਵੱਡਾ ਜ਼ਾਲਮ ਕੌਣ ਹੋਵੇਗਾ, ਜਿਹੜਾ ਅੱਲਾਹ 'ਤੇ ਝੂਠ ਥੱਪੇ ਜਾਂ ਅੱਲਾਹ ਦੀਆਂ ਆਇਤਾਂ (ਨਿਸ਼ਾਨੀਆਂ) ਨੂੰ ਝੂਠਾ ਆਖੇ? ਅਜਿਹੇ ਜ਼ਾਲਮ ਕਦੇ ਵੀ ਸਫਲ ਨਹੀਂ ਹੋਣਗੇ।

وَيَوْمَ نَحْشُرُهُمْ جَمِيعًا ثُمَّ نَقُولُ لِلَّذِينَ أَشْرَكُوا
أَيْنَ شُرَكَاؤُكُمُ الَّذِينَ كُنتُمْ تَزْعُمُونَ ٢٢

22. ਉਹ ਸਮਾਂ ਵੀ ਯਾਦ ਕਰੋ ਜਦੋਂ ਅਸੀਂ ਸਾਰਿਆਂ ਨੂੰ (ਇਕ ਥਾਂ) ਇਕੱਠਾ ਕਰਾਂਗੇ, ਫੇਰ ਅਸੀਂ ਮੁਸ਼ਰਿਕਾਂ ਨੂੰ ਕਹਾਂਗੇ ਕਿ ਤੁਹਾਡੇ ਉਹ ਸ਼ਰੀਕ ਕਿੱਥੇ ਹਨ, ਜਿਨ੍ਹਾਂ ਨੂੰ ਤੁਸੀਂ ਅੱਲਾਹ ਦਾ ਸਾਂਝੀ ਵਿਚਾਰਦੇ ਸੀ।

ثُمَّ لَمْ تَكُن فِتْنَتُهُمْ إِلَّا أَن قَالُوا وَاللَّهِ
رَبِّنَا مَا كُنَّا مُشْرِكِينَ ٢٣

23. ਇਸ (ਪੁੱਛ-ਗਿੱਛ) 'ਤੇ ਇਸ ਤੋਂ ਛੁੱਟ ਹੋਰ ਕੋਈ ਵੀ ਬਹਾਨਾ ਨਹੀਂ ਹੋਵੇਗਾ, ਕਿ ਉਹ ਇਹ ਆਖਣਗੇ ਕਿ ਹੇ ਅੱਲਾਹ! ਸਾਨੂੰ ਸਾਡੇ ਪਾਲਣਹਾਰ ਦੀ ਸੌਂਹ ਕਿ ਅਸੀਂ ਉੱਕਾ ਹੀ ਮੁਸ਼ਰਿਕ ਨਹੀਂ ਸੀ।

انظُرْ كَيْفَ كَذَبُوا عَلَىٰ أَنفُسِهِمْ ۚ وَضَلَّ عَنْهُم
مَّا كَانُوا يَفْتَرُونَ ٢٤

24 ਵੇਖਣਾ ਕਿ ਉਹ ਕਿਵੇਂ ਆਪਣੀਆਂ ਜਾਨਾਂ ਉੱਤੇ ਝੂਠ ਘੜਨਗੇ ਅਤੇ ਜਿਨ੍ਹਾਂ ਨੂੰ ਉਹ ਇਸ਼ਟ ਬਣਾਉਂਦੇ ਸੀ ਉਹ ਸਭ ਅਲੋਪ ਹੋ ਜਾਣਗੇ।

---

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

25. ਇਹਨਾਂ (ਮੱਕੇ ਦੇ ਕਾਫ਼ਿਰਾਂ) ਵਿੱਚੋਂ ਕੁੱਝ ਉਹ ਵੀ ਹਨ ਜਿਹੜੇ ਕੰਨ ਲਾ ਕੇ ਤੁਹਾਡੀਆਂ ਗੱਲਾਂ ਸੁਣਦੇ ਹਨ, ਜਦ ਕਿ ਅਸੀਂ ਉਹਨਾਂ ਦੇ ਦਿਲਾਂ 'ਤੇ ਪਰਦੇ ਪਾ ਛੱਡੇ ਹਨ ਤਾਂ ਜੋ ਉਹ ਸਮਝ ਹੀ ਨਾ ਸਕਣ ਅਤੇ ਉਹਨਾਂ ਦੇ ਕੰਨਾਂ ਵਿਚ ਡਾਟ ਪਾ ਰੱਖੀ ਹੈ, ਜੇਕਰ ਉਹ ਲੋਕ ਦਲੀਲਾਂ (ਨਿਸ਼ਾਨੀਆਂ) ਵੇਖ ਲੈਣ ਤਾਂ ਵੀ ਉਹ ਈਮਾਨ ਨਹੀਂ ਲਿਆਉਣਗੇ। ਜਦੋਂ ਇਹ ਲੋਕੀ ਤੁਹਾਡੇ ਕੋਲ ਆਉਂਦੇ ਹਨ ਤਾਂ ਤੁਹਾਡੇ ਨਾਲ ਮੱਲੋ-ਮੱਲੀ ਬਹਿਸਾਂ ਕਰਦੇ ਹਨ। ਇਹ ਲੋਕੀ ਜਿਹੜੇ ਕਾਫ਼ਿਰ ਹਨ, ਉਹ ਕਹਿੰਦੇ ਹਨ ਕਿ ਇਹ (ਕੁਰਆਨ) ਤਾਂ ਕੁੱਝ ਵੀ ਨਹੀਂ ਕੇਵਲ ਬੇ-ਦਲੀਲ ਗੱਲਾਂ ਹਨ, ਜਿਹੜੀਆਂ ਪਹਿਲਾਂ ਤੋਂ ਚੱਲੀਆਂ ਆ ਰਹੀਆਂ ਹਨ।

وَمِنْهُمْ مَنْ يَسْتَمِعُ إِلَيْكَ ۚ وَجَعَلْنَا عَلَىٰ قُلُوبِهِمْ
أَكِنَّةً أَنْ يَفْقَهُوهُ وَفِي آذَانِهِمْ وَقْرًا ۚ وَإِنْ يَرَوْا
كُلَّ آيَةٍ لَا يُؤْمِنُوا بِهَا ۚ حَتَّىٰ إِذَا جَاءُوكَ
يُجَادِلُونَكَ يَقُولُ الَّذِينَ كَفَرُوا إِنْ هَٰذَا
إِلَّا أَسَاطِيرُ الْأَوَّلِينَ (25)

26. ਇਹ (ਕਾਫ਼ਿਰ) ਦੂਜਿਆਂ ਨੂੰ ਵੀ ਇਸ (ਕੁਰਆਨ) ਤੋਂ ਰੋਕਦੇ ਹਨ ਅਤੇ ਆਪ ਵੀ ਇਸ ਤੋਂ ਦੂਰ ਰਹਿੰਦੇ ਹਨ। ਇਹ ਲੋਕ ਆਪਣੇ ਆਪ ਨੂੰ ਹੀ ਤਬਾਹ ਕਰ ਰਹੇ ਹਨ ਅਤੇ ਇਹਨਾਂ ਨੂੰ ਇਸ ਦਾ ਪਤਾ ਵੀ ਨਹੀਂ।

وَهُمْ يَنْهَوْنَ عَنْهُ وَيَنْأَوْنَ عَنْهُ ۖ وَإِنْ يُهْلِكُونَ
إِلَّا أَنْفُسَهُمْ وَمَا يَشْعُرُونَ (26)

27. ਜੇ ਤੁਸੀਂ ਇਹਨਾਂ ਕਾਫ਼ਿਰਾਂ ਨੂੰ ਉਸ ਵੇਲੇ ਵੇਖੋ ਜਦੋਂ ਇਹ ਨਰਕ ਵਿਚ ਖੜ੍ਹੇ ਕੀਤੇ ਜਾਣਗੇ, ਫੇਰ ਆਖਣਗੇ, ਕਾਸ਼, ਜੇ ਸਾਨੂੰ ਇਕ ਵਾਰ ਮੁੜ ਸੰਸਾਰ ਵਿਚ ਵਾਪਸ ਭੇਜਿਆ ਜਾਵੇ ਤਾਂ ਫੇਰ ਅਸੀਂ ਆਪਣੇ ਰੱਬ ਦੀਆਂ ਨਿਸ਼ਾਨੀਆਂ ਨੂੰ ਕਦੇ ਵੀ ਝੂਠਾ ਨਹੀਂ ਕਹਾਂਗੇ ਅਤੇ ਅਸੀਂ ਵੀ ਈਮਾਨ ਵਾਲਿਆਂ ਵਿੱਚੋਂ ਹੋਵਾਂਗੇ।

وَلَوْ تَرَىٰ إِذْ وُقِفُوا عَلَى النَّارِ فَقَالُوا يَا لَيْتَنَا نُرَدُّ
وَلَا نُكَذِّبَ بِآيَاتِ رَبِّنَا وَنَكُونَ مِنَ
الْمُؤْمِنِينَ (27)

28. ਨਹੀਂ, ਸਗੋਂ ਇਹਨਾਂ ਦੀਆਂ ਉਹ ਕਰਤੂਤਾਂ ਅੱਜ ਪ੍ਰਗਟ ਹੋ ਚੁੱਕੀਆਂ ਹਨ, ਜਿਨ੍ਹਾਂ ਨੂੰ ਉਹ ਪਹਿਲਾਂ (ਸੰਸਾਰ ਵਿਚ) ਲੁਕੋਇਆ ਕਰਦੇ ਸਨ। ਜੇ

بَلْ بَدَا لَهُمْ مَا كَانُوا يُخْفُونَ مِنْ قَبْلُ ۖ وَلَوْ رُدُّوا
لَعَادُوا لِمَا نُهُوا عَنْهُ وَإِنَّهُمْ لَكَاذِبُونَ (28)

ਉਹਨਾਂ ਨੂੰ ਸੰਸਾਰ ਵਿਚ ਮੁੜ ਭੇਜ ਦਿੱਤਾ ਜਾਵੇ, ਫੇਰ ਵੀ ਉਹ ਉਹੀਓ ਕੰਮ ਕਰਨਗੇ ਜਿਨ੍ਹਾਂ ਤੋਂ ਉਹਨਾਂ ਨੂੰ ਰੋਕਿਆ ਗਿਆ ਸੀ। ਬੇਸ਼ੱਕ ਉਹ ਤਾਂ ਉੱਕਾ ਹੀ ਝੂਠੇ ਹਨ।

وَقَالُوٓا إِنْ هِيَ إِلَّا حَيَاتُنَا ٱلدُّنْيَا وَمَا نَحْنُ بِمَبْعُوثِينَ 29

29. ਅਤੇ ਇਹ (ਕਾਫ਼ਿਰ) ਤਾਂ ਇਹ ਵੀ ਕਹਿੰਦੇ ਹਨ ਕਿ ਜੀਵਨ ਤਾਂ ਕੇਵਲ ਸੰਸਾਰਿਕ ਜੀਵਨ ਹੀ ਹੈ, ਅਸੀਂ ਮੁੜ ਜਿਊਂਦੇ ਨਹੀਂ ਕੀਤੇ ਜਾਵਾਂਗੇ।

وَلَوْ تَرَىٰٓ إِذْ وُقِفُوا عَلَىٰ رَبِّهِمْ ۚ قَالَ أَلَيْسَ هَٰذَا بِٱلْحَقِّ ۚ قَالُوا بَلَىٰ وَرَبِّنَا ۚ قَالَ فَذُوقُوا ٱلْعَذَابَ بِمَا كُنتُمْ تَكْفُرُونَ 30

30. (ਹੇ ਨਬੀ) ਜੇ ਤੁਸੀਂ ਇਹਨਾਂ ਨੂੰ ਉਸ ਸਮੇਂ ਵੇਖੋਂ ਜਦੋਂ ਇਹ ਆਪਣੇ ਪਾਲਣਹਾਰ ਦੇ ਸਾਹਮਣੇ ਖੜੇ ਕੀਤੇ ਜਾਣਗੇ, ਤਦ ਉਹ (ਅੱਲਾਹ) ਫ਼ਰਮਾਏਗਾ, ਕੀ ਇਹ (ਮੁੜ ਜੀਊਣਾ) ਹੱਕ ਨਹੀਂ ਹੈ? ਤਾਂ ਉਹ ਆਖਣਗੇ ਕਿ ਕਿਉਂ ਨਹੀਂ ਇਹੋ ਹੱਕ ਹੈ, ਆਪਣੇ ਰੱਬ ਦੀ ਸੌਂਹ। ਅੱਲਾਹ ਫ਼ਰਮਾਏਗਾ ਕਿ ਹੁਣ ਤੁਸੀਂ ਅਜ਼ਾਬ ਦਾ ਸੁਆਦ ਲਵੋ ਕਿਉਂ ਜੋ ਤੁਸੀਂ ਕੁਫ਼ਰ ਕਰਦੇ ਸੀ।

قَدْ خَسِرَ ٱلَّذِينَ كَذَّبُوا بِلِقَآءِ ٱللَّهِ ۖ حَتَّىٰٓ إِذَا جَآءَتْهُمُ ٱلسَّاعَةُ بَغْتَةً قَالُوا يَٰحَسْرَتَنَا عَلَىٰ مَا فَرَّطْنَا فِيهَا وَهُمْ يَحْمِلُونَ أَوْزَارَهُمْ عَلَىٰ ظُهُورِهِمْ ۚ أَلَا سَآءَ مَا يَزِرُونَ 31

31. ਬੇਸ਼ੱਕ ਉਹੀ ਲੋਕ ਘਾਟੇ ਵਿਚ ਰਹੇ ਜਿਨ੍ਹਾਂ ਨੇ ਅੱਲਾਹ ਨਾਲ ਮੁਲਾਕਾਤ ਹੋਣ ਨੂੰ ਝੁਠਲਾਇਆ।[1] ਪਰ ਜਦੋਂ ਕਿਆਮਤ ਦੀ ਘੜੀ ਅਚਣਚੇਤ ਉਹਨਾਂ ਕੋਲ ਆ ਜਾਵੇਗੀ, ਫੇਰ ਆਖਣਗੇ ਕਿ ਅਫ਼ਸੋਸ! ਇਸ ਸੰਬੰਧ ਵਿਚ ਸਾਥੋਂ ਵੱਡੀ ਭੁੱਲ ਹੋ ਗਈ ਅਤੇ ਉਹ ਆਪਣੀ ਪਿੱਠਾਂ ਉੱਤੇ (ਪਾਪਾਂ ਦਾ) ਭਾਰ ਚੁੱਕੀ ਫਿਰਨਗੇ। ਚੰਗੀ ਤਰ੍ਹਾਂ ਸੁਣ ਲਓ! ਕਿ ਬਹੁਤ ਹੀ ਭੈੜਾ ਹੈ ਉਹ ਭਾਰ ਜੋ ਉਹ (ਕਿਆਮਤ ਦਿਹਾੜੇ) ਚੁੱਕਣਗੇ।

---

1 ਹਦੀਸ ਅਨੁਸਾਰ ਅੱਲਾਹ ਦੇ ਰਸੂਲ ਨੇ ਫ਼ਰਮਾਇਆ, ਜਿਹੜਾ ਵਿਅਕਤੀ ਅੱਲਾਹ ਨੂੰ ਮਿਲਣਾ ਪਸੰਦ ਕਰਦਾ ਹੈ ਤਾਂ ਅੱਲਾਹ ਵੀ ਉਸ ਨੂੰ ਮਿਲਣਾ ਪਸੰਦ ਕਰਦਾ ਹੈ ਅਤੇ ਜੋ ਕੋਈ ਅੱਲਾਹ ਨੂੰ ਮਿਲਣਾ ਪਸੰਦ ਨਹੀਂ ਕਰਦਾ ਤਾਂ ਅੱਲਾਹ ਵੀ ਉਸ ਨੂੰ ਮਿਲਣਾ ਪਸੰਦ ਨਹੀਂ ਕਰਦਾ। (ਸਹੀ ਬੁਖ਼ਾਰੀ, ਹਦੀਸ: 6508)

17

32. ਸੰਸਾਰਿਕ ਜੀਵਨ ਤਾਂ ਸਿਵਾਏ ਖੇਡ-ਤਮਾਸ਼ੇ ਤੋਂ ਹੋਰ ਕੁੱਝ ਵੀ ਨਹੀਂ ਜਦ ਕਿ ਆਖ਼ਿਰਤ ਦਾ ਜੀਵਨ ਬੁਰਾਈਆਂ ਤੋਂ ਬਚਣ ਵਾਲਿਆਂ ਲਈ ਵਧੀਆ ਥਾਂ[1] ਹੈ। ਕੀ ਤੁਸੀਂ ਸੋਚ ਵਿਚਾਰ ਨਹੀਂ ਕਰੋਂਗੇ?

وَمَا الْحَيٰوةُ الدُّنْيَآ اِلَّا لَعِبٌ وَّلَهْوٌ ۭ وَلَلدَّارُ الْاٰخِرَةُ خَيْرٌ لِّلَّذِيْنَ يَتَّقُوْنَ ۭ اَفَلَا تَعْقِلُوْنَ ﴿32﴾

33. (ਹੇ ਨਬੀ!) ਅਸੀਂ ਚੰਗੀ ਤਰ੍ਹਾਂ ਜਾਣਦੇ ਹਾਂ ਕਿ ਤੁਹਾਨੂੰ ਇਹਨਾਂ (ਕਾਫ਼ਿਰਾਂ) ਦੀਆਂ ਗੱਲਾਂ ਤੋਂ ਦੁਖ ਹੁੰਦਾ ਹੈ। ਇਹ ਲੋਕੀ ਤੁਹਾਨੂੰ ਝੂਠਾ ਨਹੀਂ ਕਹਿੰਦੇ, ਸਗੋਂ ਇਹ ਜ਼ਾਲਿਮ ਤਾਂ ਅੱਲਾਹ ਦੀਆਂ ਆਇਤਾਂ ਦਾ ਇਨਕਾਰ ਕਰਦੇ ਹਨ।

قَدْ نَعْلَمُ اِنَّهٗ لَيَحْزُنُكَ الَّذِيْ يَقُوْلُوْنَ فَاِنَّهُمْ لَا يُكَذِّبُوْنَكَ وَلٰكِنَّ الظّٰلِمِيْنَ بِاٰيٰتِ اللّٰهِ يَجْحَدُوْنَ ﴿33﴾

34. (ਹੇ ਨਬੀ!) ਤੁਹਾਥੋਂ ਪਹਿਲਾਂ ਵੀ ਕਈ ਪੈਗ਼ੰਬਰਾਂ ਨੂੰ ਝੁਠਲਾਇਆ ਜਾ ਚੁੱਕਿਆ ਹੈ। ਪਰ ਉਹਨਾਂ ਨੇ ਝੁਠਲਾਉਣ ਅਤੇ ਤਸੀਹੇ ਦੇਣ ਉੱਤੇ ਸਬਰ ਕੀਤਾ ਸੀ ਇੱਥੋਂ ਤਕ ਕਿ ਉਹਨਾਂ ਨੂੰ ਸਾਡੀ (ਅੱਲਾਹ ਦੀ) ਮਦਦ ਆ ਪਹੁੰਚੀ। ਅੱਲਾਹ ਦੀਆਂ ਗੱਲਾਂ (ਫ਼ੈਸਲਿਆਂ) ਨੂੰ ਕੋਈ ਵੀ ਬਦਲਣ ਵਾਲਾ ਨਹੀਂ ਹੈ ਅਤੇ ਤੁਹਾਡੇ ਕੋਲ ਕੁੱਝ ਪੈਗ਼ੰਬਰਾਂ ਦੀਆਂ ਕੁੱਝ-ਕੁੱਝ ਖ਼ਬਰਾਂ ਪਹੁੰਚ ਵੀ ਚੁੱਕੀਆਂ ਹਨ।

وَلَقَدْ كُذِّبَتْ رُسُلٌ مِّنْ قَبْلِكَ فَصَبَرُوْا عَلٰي مَا كُذِّبُوْا وَاُوْذُوْا حَتّٰٓي اَتٰىهُمْ نَصْرُنَا ۚ وَلَا مُبَدِّلَ لِكَلِمٰتِ اللّٰهِ ۚ وَلَقَدْ جَاۗءَكَ مِنْ نَّبَاِى الْمُرْسَلِيْنَ ﴿34﴾

35. (ਹੇ ਨਬੀ!) ਜੇ ਇਹਨਾਂ ਕਾਫ਼ਿਰਾਂ ਦਾ ਹੱਕ ਤੋਂ ਮੂੰਹ ਮੋੜਨਾ ਤੁਹਾਥੋਂ ਸਹਿਣ ਨਹੀਂ ਹੁੰਦਾ ਤਾਂ ਜੇ ਤੁਸੀਂ ਕਰ ਸਕਦੇ ਹੋ ਤਾਂ ਧਰਤੀ ਵਿਚ ਕੋਈ ਸੁਰੰਗ ਜਾਂ ਅਕਾਸ਼ ਵਿਚ ਜਾਣ ਲਈ ਕੋਈ ਪੌੜੀ ਲੱਭ ਲਓ, ਫੇਰ ਤੁਸੀਂ ਉਹਨਾਂ ਕੋਲ ਕੋਈ ਨਿਸ਼ਾਨੀ ਲੈ ਆਓ (ਜੇ ਤੁਸੀਂ ਕਰ ਸਕਦੇ ਹੋ ਤਾਂ ਕਰ ਵਿਖਾਓ) ਜੇ ਅੱਲਾਹ ਚਾਹੁੰਦਾ ਤਾਂ ਇਹਨਾਂ ਸਾਰਿਆਂ ਨੂੰ

وَاِنْ كَانَ كَبُرَ عَلَيْكَ اِعْرَاضُهُمْ فَاِنِ اسْتَطَعْتَ اَنْ تَبْتَغِيَ نَفَقًا فِي الْاَرْضِ اَوْ سُلَّمًا فِي السَّمَاۗءِ فَتَاْتِيَهُمْ بِاٰيَةٍ ۭ وَلَوْ شَاۗءَ اللّٰهُ لَجَمَعَهُمْ عَلَي الْهُدٰي فَلَا تَكُوْنَنَّ مِنَ الْجٰهِلِيْنَ ﴿35﴾

---

[1] ਭਾਵ ਪਰਹੇਜ਼ਗਾਰ, ਨੇਕ ਅਤੇ ਸੱਚੇ ਲੋਕ ਜਿਹੜੇ ਅੱਲਾਹ ਤੋਂ ਬਹੁਤੇ ਡਰਦੇ ਹਨ ਅਤੇ ਇਹਨਾਂ ਸਾਰੇ ਗੁਨਾਹਾਂ ਤੋਂ ਅਤੇ ਮੰਦੇ ਕੰਮਾਂ ਤੋਂ ਬਚੇ ਰਹਿੰਦੇ ਹਨ ਜਿਨ੍ਹਾਂ ਤੋਂ ਉਸ ਨੇ ਮਨ੍ਹਾ ਕੀਤਾ ਹੈ ਇਹ ਲੋਕ ਅੱਲਾਹ ਤੋਂ ਬਹੁਤ ਮੁਹੱਬਤ ਕਰਦੇ ਹਨ ਅਤੇ ਉਹ ਸਾਰੇ ਨੇਕ ਕੰਮ ਕਰਦੇ ਹਨ ਜਿਨ੍ਹਾਂ ਨੂੰ ਕਰਨ ਦਾ ਉਸ ਨੇ ਹੁਕਮ ਦਿੱਤਾ ਹੈ।

ਸਿੱਧੇ ਰਸਤੇ ਉੱਤੇ ਇਕੱਠਿਆਂ ਕਰ ਦਿੰਦਾ। ਸੋ ਤੁਸੀਂ ਨਾਦਾਨਾਂ ਵਿੱਚੋਂ ਨਾ ਹੋਵੋ (ਭਾਵ ਅੱਲਾਹ ਦੇ ਫ਼ੈਸਲਿਆਂ ਉੱਤੇ ਹੀ ਸਬਰ ਕਰੋ)।

إِنَّمَا يَسْتَجِيبُ الَّذِينَ يَسْمَعُونَ ۘ وَالْمَوْتَىٰ يَبْعَثُهُمُ اللَّهُ ثُمَّ إِلَيْهِ يُرْجَعُونَ ﴿٣٦﴾

36. ਉਹੀਓ ਲੋਕੀ ਸਿੱਖਿਆ (ਨਸੀਹਤ) ਕਬੂਲ ਕਰਦੇ ਹਨ ਜਿਹੜੇ ਸੁਣਦੇ ਹਨ। ਜਿੱਥੋਂ ਤਕ ਮੁਰਦਿਆਂ (ਕਾਫ਼ਿਰਾਂ) ਦਾ ਸੰਬੰਧ ਹੈ, ਅੱਲਾਹ ਉਹਨਾਂ ਨੂੰ ਜਿਊਂਦਿਆਂ ਕਰਕੇ ਉਠਾਵੇਗਾ, ਫੇਰ ਉਹ ਸਾਰੇ ਅੱਲਾਹ ਵੱਲ ਹੀ ਲਿਆਏ ਜਾਣਗੇ।

وَقَالُوا لَوْلَا نُزِّلَ عَلَيْهِ آيَةٌ مِّن رَّبِّهِ ۚ قُلْ إِنَّ اللَّهَ قَادِرٌ عَلَىٰ أَن يُنَزِّلَ آيَةً وَلَٰكِنَّ أَكْثَرَهُمْ لَا يَعْلَمُونَ ﴿٣٧﴾

37. ਇਹ ਕਾਫ਼ਿਰ ਲੋਕ ਕਹਿੰਦੇ ਹਨ ਕਿ ਇਸ (ਮੁਹੰਮਦ ਸ:) ਉੱਤੇ ਕੋਈ ਵੱਡੀ ਨਿਸ਼ਾਨੀ ਕਿਉਂ ਨਹੀਂ ਉਤਾਰੀ ਗਈ? (ਹੇ ਨਬੀ!) ਤੁਸੀਂ ਕਹਿ ਦਿਓ ਕਿ ਬੇਸ਼ੱਕ ਅੱਲਾਹ ਇਸ ਦੀ ਸਮਰਥਾ ਰੱਖਦਾ ਹੈ ਕਿ ਉਹ ਕੋਈ ਵੱਡੀ ਨਿਸ਼ਾਨੀ ਨਾਜ਼ਿਲ ਕਰੇ, ਪਰ ਬਹੁਤੇ ਲੋਕਾਂ ਨੂੰ ਇਸ ਦਾ ਗਿਆਨ ਨਹੀਂ।

وَمَا مِن دَابَّةٍ فِي الْأَرْضِ وَلَا طَائِرٍ يَطِيرُ بِجَنَاحَيْهِ إِلَّا أُمَمٌ أَمْثَالُكُم ۚ مَّا فَرَّطْنَا فِي الْكِتَابِ مِن شَيْءٍ ۚ ثُمَّ إِلَىٰ رَبِّهِمْ يُحْشَرُونَ ﴿٣٨﴾

38. ਧਰਤੀ 'ਤੇ ਚੱਲਣ ਵਾਲਾ ਕੋਈ ਜਾਨਵਰ ਅਤੇ ਦੋਵੇਂ ਖੰਭਾਂ ਨਾਲ ਉੱਡਣ ਵਾਲਾ ਕੋਈ ਵੀ ਪੰਛੀ ਅਜਿਹਾ ਨਹੀਂ ਜਿਹੜਾ ਤੁਹਾਡੇ (ਮਨੁੱਖਾਂ) ਵਾਂਗ ਵੱਖਰੀ ਉੱਮਤ ਨਾ ਹੋਵੇ। ਅਸੀਂ ਕਿਤਾਬ (ਕੁਰਆਨ) ਵਿਚ ਕੋਈ ਚੀਜ਼ (ਬਿਨਾਂ ਚਰਚਾ ਕੀਤੇ) ਨਹੀਂ ਛੱਡੀ। ਫੇਰ ਉਹ ਸਾਰੇ ਆਪਣੇ ਰੱਬ ਦੇ ਹਜ਼ੂਰ ਇਕੱਤਰਤ ਕੀਤੇ ਜਾਣਗੇ।

وَالَّذِينَ كَذَّبُوا بِآيَاتِنَا صُمٌّ وَبُكْمٌ فِي الظُّلُمَاتِ ۗ مَن يَشَإِ اللَّهُ يُضْلِلْهُ وَمَن يَشَأْ يَجْعَلْهُ عَلَىٰ صِرَاطٍ مُّسْتَقِيمٍ ﴿٣٩﴾

39. ਜਿਹੜੇ ਲੋਕੀ ਸਾਡੀਆਂ ਆਇਤਾਂ (ਕੁਰਆਨ) ਨੂੰ ਝੁਠਲਾਉਂਦੇ ਹਨ, ਉਹ ਗੁਮਰਾਹੀ ਦੇ ਹਨੇਰਿਆਂ ਕਾਰਨ ਬੋਲੇ ਤੇ ਗੂੰਗੇ ਹੋ ਗਏ ਹਨ। ਅੱਲਾਹ ਜਿਸ ਨੂੰ ਚਾਹਵੇ ਗੁਮਰਾਹ ਕਰ ਦਿੰਦਾ ਹੈ ਅਤੇ ਜਿਸ ਨੂੰ ਚਾਹਵੇ ਸਿੱਧੀ ਰਾਹ ਟੋਰ ਦਿੰਦਾ ਹੈ।

40. (ਹੇ ਨਬੀ!) ਤੁਸੀਂ (ਇਹਨਾਂ ਕਾਫ਼ਿਰਾਂ ਨੂੰ) ਪੁੱਛੋ ਕਿ ਜੇਕਰ ਤੁਹਾਡੇ ਉੱਤੇ ਅੱਲਾਹ ਦਾ ਕੋਈ ਅਜ਼ਾਬ ਆ ਜਾਵੇ ਜਾਂ ਤੁਹਾਡੇ 'ਤੇ ਕਿਆਮਤ ਹੀ ਆ ਜਾਵੇ ਤਾਂ ਕੀ ਤੁਸੀਂ ਅੱਲਾਹ ਨੂੰ ਛੱਡ ਕੇ ਕਿਸੇ ਹੋਰ ਨੂੰ (ਆਪਣੀ ਸਹਾਇਤਾ ਲਈ) ਪੁਕਾਰੋਗੇ? ਜੇ ਤੁਸੀਂ ਸੱਚੇ ਹੋ (ਤਾਂ ਜਵਾਬ ਦਿਓ)।

قُلْ أَرَءَيْتَكُمْ إِنْ أَتَىٰكُمْ عَذَابُ ٱللَّهِ أَوْ أَتَتْكُمُ
ٱلسَّاعَةُ أَغَيْرَ ٱللَّهِ تَدْعُونَ إِن كُنتُمْ
صَٰدِقِينَ ﴿٤٠﴾

41. ਸਗੋਂ ਤੁਸੀਂ ਕੇਵਲ ਉਸੇ (ਅੱਲਾਹ) ਨੂੰ ਹੀ (ਮਦਦ ਲਈ) ਸੱਦੋਗੇ। ਜੇ ਉਹ ਚਾਹੇਗਾ ਤਾਂ ਤੁਹਾਡੀ ਉਸ ਤਕਲੀਫ਼ ਨੂੰ ਦੂਰ ਕਰ ਦੇਵੇਗਾ, ਜਿਸ ਲਈ ਤੁਸੀਂ ਉਸ ਨੂੰ ਅਰਦਾਸ ਕਰੋਗੇ। ਫੇਰ ਤੁਸੀਂ ਉਹਨਾਂ ਸਭ ਨੂੰ ਭੁੱਲ ਜਾਵੋਗੇ, ਜਿਨ੍ਹਾਂ ਨੂੰ ਤੁਸੀਂ (ਰੱਬ ਦਾ) ਸ਼ਰੀਕ ਬਣਾਉਂਦੇ ਸੀ।

بَلْ إِيَّاهُ تَدْعُونَ فَيَكْشِفُ مَا تَدْعُونَ إِلَيْهِ
إِن شَآءَ وَتَنسَوْنَ مَا تُشْرِكُونَ ﴿٤١﴾

42. ਹੇ ਨਬੀ। ਅਸੀਂ ਤੁਹਾਥੋਂ ਪਹਿਲੀਆਂ ਉੱਮਤਾਂ ਵੱਲ ਵੀ ਪੈਗ਼ੰਬਰ ਭੇਜੇ। ਫੇਰ ਅਸੀਂ ਉਹਨਾਂ (ਉੱਮਤਾਂ) ਨੂੰ ਕਠਨਾਈਆਂ ਤੇ ਬਿਮਾਰੀਆਂ ਸਹਿਤ ਨੱਪ ਲਿਆ ਤਾਂ ਜੋ ਉਹ ਨਿਮਰਤਾ ਪੂਰਵਕ ਸਾਡੇ ਸਾਹਮਣੇ ਨਿਵ ਜਾਣ।

وَلَقَدْ أَرْسَلْنَآ إِلَىٰٓ أُمَمٍ مِّن قَبْلِكَ فَأَخَذْنَٰهُم
بِٱلْبَأْسَآءِ وَٱلضَّرَّآءِ لَعَلَّهُمْ يَتَضَرَّعُونَ ﴿٤٢﴾

43. ਜਦੋਂ ਉਹਨਾਂ ਕੋਲ ਸਾਡਾ (ਚੇਤਾਵਨੀ ਭਰਿਆ) ਅਜ਼ਾਬ ਆਇਆ ਤਾਂ ਉਹਨਾਂ ਨੇ ਨਿਮਰਤਾ ਕਿਉਂ ਨਹੀਂ ਧਾਰੀ? ਸਗੋਂ ਉਹਨਾਂ ਦੇ ਮਨ ਕਠੋਰ ਹੋ ਗਏ ਅਤੇ ਉਹਨਾਂ ਦੇ ਅਮਲਾਂ ਵਿਚ ਸ਼ੈਤਾਨ ਨੇ ਖਿੱਚ ਪੈਦਾ ਕਰ ਦਿੱਤੀ।

فَلَوْلَآ إِذْ جَآءَهُم بَأْسُنَا تَضَرَّعُوا۟ وَلَٰكِن قَسَتْ
قُلُوبُهُمْ وَزَيَّنَ لَهُمُ ٱلشَّيْطَٰنُ مَا كَانُوا۟ يَعْمَلُونَ ﴿٤٣﴾

44. ਫੇਰ ਜਦੋਂ ਉਹਨਾਂ ਨੇ ਉਸ ਨਸੀਹਤ ਨੂੰ ਹੀ ਭੁਲਾ ਛੱਡਿਆ ਜਿਹੜੀ ਉਹਨਾਂ ਨੂੰ ਕੀਤੀ ਗਈ ਸੀ ਤਾਂ ਅਸੀਂ ਹਰੇਕ ਤਰ੍ਹਾਂ (ਦੀ ਖ਼ੁਸ਼ਹਾਲੀ) ਦੇ ਬੂਹੇ ਉਹਨਾਂ ਲਈ ਖੋਲ ਦਿੱਤੇ, ਇੱਥੋਂ ਤਕ ਕਿ ਜਦੋਂ ਉਹਨਾਂ ਚੀਜ਼ਾਂ 'ਤੇ, ਜਿਹੜੀਆਂ ਉਹਨਾਂ ਨੂੰ ਦਿੱਤੀਆਂ

فَلَمَّا نَسُوا۟ مَا ذُكِّرُوا۟ بِهِۦ فَتَحْنَا عَلَيْهِمْ أَبْوَٰبَ كُلِّ
شَىْءٍ حَتَّىٰٓ إِذَا فَرِحُوا۟ بِمَآ أُوتُوٓا۟ أَخَذْنَٰهُم بَغْتَةً
فَإِذَا هُم مُّبْلِسُونَ ﴿٤٤﴾

ਗਈਆਂ ਸਨ, ਸ਼ੇਖੀਆਂ ਮਾਰਨ ਲੱਗ ਪਏ ਤਾਂ ਅਸੀਂ ਅਚਾਨਕ ਹੀ ਉਹਨਾਂ ਨੂੰ (ਅਜ਼ਾਬ ਵਿਚ) ਫੜ ਲਿਆ। ਫੇਰ ਉਹ ਹਰੇਕ (ਭਲਾਈ ਤੋਂ) ਨਿਰਾਸ਼ ਹੋ ਗਏ।

فَقُطِعَ دَابِرُ الْقَوْمِ الَّذِينَ ظَلَمُوا ۚ وَالْحَمْدُ لِلَّهِ رَبِّ الْعَالَمِينَ (45)

45. ਇਸ ਤਰ੍ਹਾਂ ਉਸ ਕੌਮ ਦੀ ਜੜ ਵੱਢ ਦਿੱਤੀ ਗਈ ਜਿਸ ਨੇ ਜ਼ੁਲਮ ਕਮਾਇਆ ਸੀ। ਸਾਰੀਆਂ ਤਾਰੀਫ਼ਾਂ ਉਸ ਅੱਲਾਹ ਲਈ ਹਨ ਜਿਹੜਾ ਸਾਰੇ ਜਹਾਨਾਂ ਦਾ ਪਾਲਣਹਾਰ ਹੈ।

قُلْ أَرَأَيْتُمْ إِنْ أَخَذَ اللَّهُ سَمْعَكُمْ وَأَبْصَارَكُمْ وَخَتَمَ عَلَىٰ قُلُوبِكُمْ مَنْ إِلَٰهٌ غَيْرُ اللَّهِ يَأْتِيكُمْ بِهِ ۗ انْظُرْ كَيْفَ نُصَرِّفُ الْآيَاتِ ثُمَّ هُمْ يَصْدِفُونَ (46)

46. (ਹੇ ਨਬੀ!) ਤੁਸੀਂ ਪੁੱਛੋ ਕਿ ਭਲਾ ਇਹ ਤਾਂ ਦੱਸੋ ਕਿ ਜੇ ਅੱਲਾਹ ਤੁਹਾਡੀ ਸੁਣਨ ਸ਼ਕਤੀ ਅਤੇ ਤੁਹਾਡੀ ਵੇਖਣ ਸ਼ਕਤੀ ਖੋਹ ਲਵੇ ਅਤੇ ਤੁਹਾਡੇ ਦਿਲਾਂ ਉੱਤੇ ਮੋਹਰਾਂ ਲਾ ਦੇਵੇ ਤਾਂ ਅੱਲਾਹ ਤੋਂ ਛੁੱਟ ਹੋਰ ਕਿਹੜਾ ਇਸ਼ਟ ਹੈ ਜਿਹੜਾ ਇਹ ਸਭ ਤੁਹਾਨੂੰ ਵਾਪਸ ਲਿਆ ਦੇਵੇ? ਤੁਸੀਂ ਵੇਖੋ ਤਾਂ ਸਹੀ ਕਿ ਅਸੀਂ ਦਲੀਲਾਂ ਨੂੰ ਕਿੱਦਾਂ ਵੱਖੋ ਵੱਖ ਪੱਖ ਤੋਂ ਪੇਸ਼ ਕਰ ਰਹੇ ਹਾਂ, ਇਹ ਫੇਰ ਵੀ ਮੂੰਹ ਮੋੜੀ ਜਾਂਦੇ ਹਨ।

قُلْ أَرَأَيْتَكُمْ إِنْ أَتَاكُمْ عَذَابُ اللَّهِ بَغْتَةً أَوْ جَهْرَةً هَلْ يُهْلَكُ إِلَّا الْقَوْمُ الظَّالِمُونَ 47

47. (ਹੇ ਨਬੀ!) ਤੁਸੀਂ ਕਹੋ ਕਿ ਇਹ ਤਾਂ ਦੱਸੋ ਕਿ ਜੇ ਤੁਹਾਡੇ ਉੱਤੇ ਰੱਬ ਦਾ ਅਜ਼ਾਬ ਅਚਾਨਕ ਜਾਂ ਐਲਾਨੀਆਂ ਆ ਜਾਵੇ ਤਾਂ ਕੀ ਜ਼ਾਲਮਾਂ ਤੋਂ ਛੁੱਟ ਹੋਰ ਵੀ ਹਲਾਕ ਕੀਤੇ ਜਾਣਗੇ? (ਉੱਕਾ ਹੀ ਨਹੀਂ!)

وَمَا نُرْسِلُ الْمُرْسَلِينَ إِلَّا مُبَشِّرِينَ وَمُنْذِرِينَ ۖ فَمَنْ آمَنَ وَأَصْلَحَ فَلَا خَوْفٌ عَلَيْهِمْ وَلَا هُمْ يَحْزَنُونَ (48)

48. ਅਸੀਂ ਕੋਈ ਵੀ ਅਜਿਹਾ ਰਸੂਲ ਨਹੀਂ ਭੇਜਿਆ ਜਿਹੜਾ (ਜੰਨਤ ਦੀਆਂ) ਖ਼ੁਸ਼ਖ਼ਬਰੀਆਂ ਦੇਣ ਵਾਲਾ ਅਤੇ (ਨਰਕ ਤੋਂ) ਡਰਾਉਣ ਵਾਲਾ ਨਾ ਹੋਵੇ। ਫੇਰ ਜਿਹੜਾ ਕੋਈ ਈਮਾਨ ਲਿਆਵੇ ਅਤੇ ਆਪਣੇ (ਅਮਲਾਂ ਦਾ) ਸੁਧਾਰ ਕਰ ਲਵੇ ਤਾਂ (ਕਿਆਮਤ ਦਿਹਾੜੇ) ਉਹਨਾਂ ਲੋਕਾਂ ਨੂੰ ਨਾ ਕੋਈ ਡਰ-ਭੌ ਹੋਵੇਗਾ ਅਤੇ ਨਾ ਹੀ ਉਹ ਉਦਾਸ ਹੋਣਗੇ।

وَالَّذِينَ كَذَّبُوا بِآيَاتِنَا يَمَسُّهُمُ الْعَذَابُ بِمَا كَانُوا يَفْسُقُونَ (49)

49. ਜਿਹੜੇ ਵੀ ਲੋਕ ਸਾਡੀਆਂ ਆਇਤਾਂ (ਨਿਸ਼ਾਨੀਆਂ) ਨੂੰ ਝੁਠਲਾਉਂਦੇ ਹਨ ਉਹਨਾਂ ਨੂੰ ਅਜ਼ਾਬ ਪਹੁੰਚੇਗਾ, ਕਿਉਂ ਜੋ ਉਹ ਨਾ-ਫ਼ਰਮਾਨੀਆਂ ਕਰਦੇ ਸਨ।

قُلْ لَا أَقُولُ لَكُمْ عِنْدِي خَزَائِنُ اللَّهِ وَلَا أَعْلَمُ الْغَيْبَ وَلَا أَقُولُ لَكُمْ إِنِّي مَلَكٌ ۖ إِنْ أَتَّبِعُ إِلَّا مَا يُوحَىٰ إِلَيَّ ۚ قُلْ هَلْ يَسْتَوِي الْأَعْمَىٰ وَالْبَصِيرُ ۚ أَفَلَا تَتَفَكَّرُونَ (50)

50. (ਹੇ ਨਬੀ!) ਤੁਸੀਂ ਆਖ ਦਿਓ ਕਿ ਨਾ ਤਾਂ ਮੈਂ ਤੁਹਾਨੂੰ ਇਹ ਕਹਿੰਦਾ ਹਾਂ ਕਿ ਮੇਰੇ ਕੋਲ ਅੱਲਾਹ ਦੇ ਖ਼ਜ਼ਾਨੇ ਹਨ ਤੇ ਨਾ ਹੀ ਮੈਂ ਗ਼ੈਬ (ਪਰੋਖ) ਨੂੰ ਜਾਣਦਾ ਹਾਂ ਅਤੇ ਨਾ ਮੈਂ ਤੁਹਾਨੂੰ ਇਹ ਕਹਿੰਦਾ ਹਾਂ ਕਿ ਮੈਂ ਫ਼ਰਿਸ਼ਤਾ ਹਾਂ, ਮੈਂ ਤਾਂ ਕੇਵਲ ਜੋ ਮੇਰੇ ਵੱਲ ਵਹੀ (ਰੱਬੀ ਪੈਗ਼ਾਮ) ਆਉਂਦੀ ਹੈ ਉਸ ਦੀ ਪੈਰਵੀ ਕਰਦਾ ਹਾਂ। ਤੁਸੀਂ ਪੁੱਛੋ, ਕੀ ਅੰਨ੍ਹਾ ਤੇ ਸੁਜਾਖਾ ਦੋਵੇਂ ਇਕ ਬਰਾਬਰ ਹੋ ਸਕਦੇ ਹਨ? ਕੀ ਤੁਸੀਂ ਸੋਚ ਵਿਚਾਰ ਨਹੀਂ ਕਰਦੇ?

وَأَنْذِرْ بِهِ الَّذِينَ يَخَافُونَ أَنْ يُحْشَرُوا إِلَىٰ رَبِّهِمْ ۙ لَيْسَ لَهُمْ مِنْ دُونِهِ وَلِيٌّ وَلَا شَفِيعٌ لَعَلَّهُمْ يَتَّقُونَ (51)

51. (ਹੇ ਨਬੀ!) ਤੁਸੀਂ ਇਸ (ਕੁਰਆਨ) ਰਾਹੀਂ ਉਹਨਾਂ ਲੋਕਾਂ ਨੂੰ ਡਰਾਓ ਜਿਹੜੇ ਇਸ ਗੱਲ ਤੋਂ ਡਰਦੇ ਹਨ ਕਿ ਆਪਣੇ ਰੱਬ ਦੀ ਹਜ਼ੂਰੀ ਵਿਚ ਇਸ ਹਾਲਤ ਵਿਚ ਇਕੱਠੇ ਕੀਤੇ ਜਾਣਗੇ, ਜਿੱਥੇ ਉਸ (ਅੱਲਾਹ) ਤੋਂ ਛੁੱਟ ਉਹਨਾਂ ਦਾ ਨਾ ਕੋਈ ਯਾਰ-ਮਿੱਤਰ ਹੋਵੇਗਾ ਅਤੇ ਨਾ ਹੀ ਕੋਈ ਸਿਫ਼ਾਰਸ਼ੀ ਹੋਵੇਗਾ। ਹੋ ਸਕਦਾ ਹੈ ਕਿ (ਇਸੇ ਡਰ ਕਾਰਨ) ਉਹ ਬੁਰਾਈਆਂ ਤੋਂ ਬਚਣ ਵਾਲੇ ਬਣ ਜਾਣ।

وَلَا تَطْرُدِ الَّذِينَ يَدْعُونَ رَبَّهُمْ بِالْغَدَاةِ وَالْعَشِيِّ يُرِيدُونَ وَجْهَهُ ۖ مَا عَلَيْكَ مِنْ حِسَابِهِمْ مِنْ شَيْءٍ وَمَا مِنْ حِسَابِكَ عَلَيْهِمْ مِنْ شَيْءٍ فَتَطْرُدَهُمْ فَتَكُونَ مِنَ الظَّالِمِينَ (52)

52. ਹੇ ਨਬੀ! ਉਹਨਾਂ ਲੋਕਾਂ ਨੂੰ ਆਪਣੇ ਤੋਂ ਦੂਰ ਨਾ ਕਰ ਜਿਹੜੇ ਸਵੇਰੇ-ਸ਼ਾਮ ਆਪਣੇ ਪਾਲਣਹਾਰ ਦੀ ਇਬਾਦਤ ਕਰਦੇ ਹਨ, ਕੇਵਲ ਉਸੇ ਦੀ ਰਜ਼ਾ ਚਾਹੁੰਦੇ ਹਨ। ਉਹਨਾਂ ਦੇ ਹਿਸਾਬ ਦਾ ਤੁਹਾਡੇ 'ਤੇ ਕੋਈ ਭਾਰ ਨਹੀਂ ਅਤੇ ਤੁਹਾਡੇ ਹਿਸਾਬ ਦਾ ਬੋਝ ਭਾਰ ਉਹਨਾਂ 'ਤੇ ਨਹੀਂ। ਜੇ ਤੁਸੀਂ ਉਹਨਾਂ ਨੂੰ ਆਪਣੇ ਤੋਂ ਦੂਰ ਕਰੋਗੇ ਤਾਂ ਤੁਸੀਂ ਵੀ ਜ਼ਾਲਮਾਂ ਵਿਚ ਗਿਣੇ ਜਾਓਗੇ।

وَكَذٰلِكَ فَتَنَّا بَعْضَهُمْ بِبَعْضٍ لِّيَقُولُوٓا أَهٰٓؤُلَآءِ
مَنَّ اللّٰهُ عَلَيْهِمْ مِّنۢ بَيْنِنَا ۗ أَلَيْسَ اللّٰهُ بِأَعْلَمَ
بِالشّٰكِرِينَ ﴿٥٣﴾

53. ਇਸ ਤਰ੍ਹਾਂ ਅਸੀਂ ਕਈਆਂ ਨੂੰ ਕਈਆਂ ਰਾਹੀਂ ਅਜ਼ਮਾਇਸ਼ ਵਿਚ ਪਾਉਂਦੇ ਹਾਂ ਤਾਂ ਜੋ ਇਹ (ਮੱਕੇ ਦੇ ਸਰਦਾਰ) ਆਖਣ, ਕੀ ਇਹ ਉਹ ਲੋਕ ਹਨ ਜਿਨ੍ਹਾਂ ਉੱਤੇ ਸਾਡੇ ਵਿੱਚੋਂ ਅੱਲਾਹ ਨੇ ਫ਼ਜ਼ਲ ਕੀਤਾ ਹੈ? ਹਾਂ, ਕੀ ਇਹ ਗੱਲ (ਸੱਚ) ਨਹੀਂ ਕਿ ਅੱਲਾਹ ਸ਼ੁਕਰਗੁਜ਼ਾਰ ਬੰਦਿਆਂ ਨੂੰ (ਇਹਨਾਂ ਕਾਫ਼ਿਰਾਂ) ਤੋਂ ਵੱਧ ਜਾਣਦਾ ਹੈ?

وَإِذَا جَآءَكَ الَّذِينَ يُؤْمِنُونَ بِاٰيٰتِنَا فَقُلْ سَلٰمٌ
عَلَيْكُمْ ۖ كَتَبَ رَبُّكُمْ عَلٰى نَفْسِهِ الرَّحْمَةَ ۖ أَنَّهُۥ مَنْ
عَمِلَ مِنكُمْ سُوٓءًۢا بِجَهٰلَةٍ ثُمَّ تَابَ مِنۢ بَعْدِهِۦ
وَأَصْلَحَ فَأَنَّهُۥ غَفُورٌ رَّحِيمٌ ﴿٥٤﴾

54. (ਹੇ ਨਬੀ!) ਜਦੋਂ ਉਹ ਲੋਕ ਤੁਹਾਡੇ ਕੋਲ ਆਉਣ ਜਿਹੜੇ ਸਾਡੀਆਂ ਆਇਤਾਂ ਉੱਤੇ ਈਮਾਨ ਰੱਖਦੇ ਹਨ ਤਾਂ ਉਹਨਾਂ ਨੂੰ ਆਖੋ ਕਿ ਤੁਹਾਡੇ 'ਤੇ ਸਲਾਮਤੀ ਹੋਵੇ, ਤੁਹਾਡੇ ਰੱਬ ਨੇ ਮਿਹਰਾਂ ਕਰਨੀਆਂ ਆਪਣੇ ਜ਼ਿੰਮੇ ਲੈ ਰੱਖੀਆਂ ਹਨ। ਜੇ ਤੁਹਾਡੇ ਵਿੱਚੋਂ ਕੋਈ ਵਿਅਕਤੀ ਨਾਦਾਨੀ ਨਾਲ ਕੋਈ ਭੈੜਾ ਕੰਮ ਕਰ ਬੈਠੇ, ਫੇਰ ਉਸ ਤੋਂ ਤੌਬਾ ਕਰਕੇ ਆਪਣਾ ਸੁਧਾਰ ਕਰ ਲਵੇ ਤਾਂ ਅੱਲਾਹ ਬਹੁਤ ਹੀ ਵੱਡਾ ਬਖ਼ਸ਼ਣਹਾਰ ਤੇ ਮਿਹਰਾਂ ਵਾਲਾ ਹੈ।

وَكَذٰلِكَ نُفَصِّلُ الْاٰيٰتِ وَلِتَسْتَبِينَ سَبِيلُ
الْمُجْرِمِينَ ﴿٥٥﴾

55. ਇਸੇ ਤਰ੍ਹਾਂ ਅਸੀਂ ਆਇਤਾਂ (ਹੁਕਮਾਂ) ਦੀ ਵਿਆਖਿਆ ਕਰਦੇ ਰਹਿੰਦੇ ਹਾਂ ਤਾਂ ਜੋ ਅਪਰਾਧੀਆਂ ਲਈ (ਨਰਕ ਵਿਚ ਜਾਣ ਵਾਲੀ ਰਾਹ) ਸਪਸ਼ਟ ਹੋ ਜਾਵੇ।

قُلْ إِنِّى نُهِيتُ أَنْ أَعْبُدَ الَّذِينَ تَدْعُونَ مِن دُونِ
اللّٰهِ ۚ قُل لَّآ أَتَّبِعُ أَهْوَآءَكُمْ ۙ قَدْ ضَلَلْتُ إِذًا
وَمَآ أَنَا۠ مِنَ الْمُهْتَدِينَ ﴿٥٦﴾

56. (ਹੇ ਨਬੀ!) ਤੁਸੀਂ ਆਖ ਦਿਓ ਕਿ ਮੈਨੂੰ ਇਸ ਗੱਲ ਤੋਂ ਰੋਕਿਆ ਗਿਆ ਹੈ ਕਿ ਮੈਂ ਵੀ ਉਸ ਦੀ ਇਬਾਦਤ ਕਰਾਂ ਜਿਨ੍ਹਾਂ ਦੀ ਤੁਸੀਂ (ਅੱਲਾਹ ਨੂੰ ਛੱਡ ਕੇ) ਇਬਾਦਤ ਕਰਦੇ ਹੋ। ਤੁਸੀਂ ਆਖੋ ਕਿ ਮੈਂ ਤੁਹਾਡੀਆਂ ਇੱਛਾਵਾਂ ਦੀ ਪੈਰਵੀ ਨਹੀਂ ਕਰਾਂਗਾ ਕਿਉਂ ਜੋ ਇੰਜ ਤਾਂ ਮੈਂ ਕੁਰਾਹੇ ਪੈ ਜਾਵਾਂਗਾ ਅਤੇ ਸਿੱਧੀ ਰਾਹ 'ਤੇ ਚੱਲਣ ਵਾਲਿਆਂ ਵਿੱਚੋਂ ਨਾ ਰਹਾਂਗਾ।

57. (ਹੇ ਨਬੀ!) ਤੁਸੀਂ ਆਖ ਦਿਓ ਕਿ ਮੈਂ ਆਪਣੇ ਰੱਬ ਵੱਲੋਂ ਇਕ ਸਪਸ਼ਟ ਦਲੀਲ 'ਤੇ ਕਾਇਮ ਹਾਂ ਅਤੇ ਤੁਸੀਂ ਉਸ ਦਲੀਲ ਨੂੰ ਝੁਠਲਾ ਰਹੇ ਹੋ, ਜਿਸ ਚੀਜ਼ (ਭਾਵ ਅਜ਼ਾਬ) ਦੀ ਤੁਸੀਂ ਛੇਤੀ ਕਰ ਰਹੇ ਹੋ ਉਸ ਦੇ ਫ਼ੈਸਲੇ ਦਾ ਅਧਿਕਾਰ ਅੱਲਾਹ ਨੂੰ ਹੀ ਹੈ। ਉਹੀਓ ਹੱਕ ਬਿਆਨ ਕਰਦਾ ਹੈ ਅਤੇ ਸਭ ਤੋਂ ਚੰਗਾ ਫ਼ੈਸਲਾ ਕਰਨ ਵਾਲਾ ਵੀ ਉਹੀਓ ਹੈ।

قُلْ إِنِّي عَلَىٰ بَيِّنَةٍ مِّن رَّبِّي وَكَذَّبْتُم بِهِ ۚ
مَا عِندِي مَا تَسْتَعْجِلُونَ بِهِ ۚ إِنِ الْحُكْمُ إِلَّا
لِلَّهِ ۖ يَقُصُّ الْحَقَّ ۖ وَهُوَ خَيْرُ الْفَاصِلِينَ ﴿٥٧﴾

58. (ਹੇ ਨਬੀ!) ਤੁਸੀਂ ਆਖ ਦਿਓ ਕਿ ਜੇ ਮੇਰੇ ਵੱਸ ਵਿਚ ਉਹ ਚੀਜ਼ ਹੁੰਦੀ ਜਿਸ ਲਈ ਤੁਸੀਂ ਕਾਹਲੀ ਕਰਦੇ ਹੋ, ਤਾਂ ਮੇਰੇ ਅਤੇ ਤੁਹਾਡੇ ਵਿਚਾਲੇ ਕਦੋਂ ਦਾ ਫ਼ੈਸਲਾ ਹੋ ਗਿਆ ਹੁੰਦਾ। ਜ਼ਾਲਮਾਂ ਨੂੰ ਤਾਂ ਅੱਲਾਹ ਚੰਗੀ ਤਰ੍ਹਾਂ ਜਾਣਦਾ ਹੈ।

قُل لَّوْ أَنَّ عِندِي مَا تَسْتَعْجِلُونَ بِهِ لَقُضِيَ
الْأَمْرُ بَيْنِي وَبَيْنَكُمْ ۗ وَاللَّهُ أَعْلَمُ بِالظَّالِمِينَ ﴿٥٨﴾

59. ਗ਼ੈਬ (ਪਰੋਖ) ਦੀਆਂ ਕੁੰਜੀਆਂ ਤਾਂ ਅੱਲਾਹ ਕੋਲ ਹੀ ਹਨ, ਉਹਨਾਂ ਨੂੰ ਉਸ ਤੋਂ ਛੁੱਟ ਕੋਈ ਨਹੀਂ ਜਾਣਦਾ। ਜਲ ਤੇ ਥਲ ਵਿਚ ਜੋ ਵੀ ਹੈ ਉਹ ਸਭ ਜਾਣਦਾ ਹੈ। ਕੋਈ ਵੀ ਰੁੱਖ ਤੋ ਡਿਗਣ ਵਾਲਾ ਪੱਤਾ ਅਜਿਹਾ ਨਹੀਂ ਜਿਸ ਦਾ ਉਸ ਨੂੰ ਗਿਆਨ ਨਾ ਹੋਵੇ। ਧਰਤੀ ਦੇ ਹਨੇਰਿਆਂ ਵਿਚ ਕੋਈ ਦਾਣਾ ਅਜਿਹਾ ਨਹੀਂ ਜਿਸ ਨੂੰ ਉਹ ਨਾ ਜਾਣਦਾ ਹੋਵੇ। ਗਿੱਲੀ, ਸੁੱਕੀ ਕੋਈ ਚੀਜ਼ ਅਜਿਹੀ ਨਹੀਂ ਜਿਹੜੀ ਖੁੱਲ੍ਹੀ ਕਿਤਾਬ (ਲੌਹੇ-ਮਹਿਫ਼ੂਜ਼) ਵਿਚ ਨਾ ਲਿਖੀ ਹੋਵੇ।

وَعِندَهُ مَفَاتِحُ الْغَيْبِ لَا يَعْلَمُهَا إِلَّا هُوَ ۚ
وَيَعْلَمُ مَا فِي الْبَرِّ وَالْبَحْرِ ۚ وَمَا تَسْقُطُ
مِن وَرَقَةٍ إِلَّا يَعْلَمُهَا وَلَا حَبَّةٍ فِي
ظُلُمَاتِ الْأَرْضِ وَلَا رَطْبٍ وَلَا يَابِسٍ
إِلَّا فِي كِتَابٍ مُّبِينٍ ﴿٥٩﴾

60. ਅਤੇ ਉਹੀਓ (ਅੱਲਾਹ) ਹੈ ਜਿਹੜਾ ਰਾਤ ਨੂੰ (ਸੌਂਦੇ ਹੋਏ) ਤੁਹਾਡੀਆਂ ਰੂਹਾਂ ਨੂੰ ਕਬਜ਼ ਕਰ ਲੈਂਦਾ ਹੈ। ਜੋ ਤੁਸੀਂ ਦਿਨ ਵਿਚ ਕਰਦੇ ਹੋ ਉਸ ਨੂੰ ਜਾਣਦਾ ਹੈ, ਫੇਰ ਦੂਜੇ ਦਿਨ ਉਹ ਤੁਹਾਨੂੰ ਜਗਾਉਂਦਾ ਹੈ, ਤਾਂ ਜੋ ਤੁਸੀਂ ਆਪਣੇ ਜੀਵਨ ਦਾ ਨਿਸ਼ਚਿਤ ਸਮਾਂ ਪੂਰਾ ਕਰ ਲਵੋ। ਤੁਸੀਂ ਸਭ ਨੇ ਉਸੇ ਵੱਲ ਜਾਣਾ ਹੈ, ਫੇਰ ਉਹ ਅੱਲਾਹ ਤੁਹਾਨੂੰ ਦੱਸੇਗਾ ਜੋ ਤੁਸੀਂ (ਸੰਸਾਰ ਵਿਚ) ਕਰਦੇ ਸੀ।

وَهُوَ الَّذِي يَتَوَفَّاكُم بِاللَّيْلِ وَيَعْلَمُ مَا جَرَحْتُم
بِالنَّهَارِ ثُمَّ يَبْعَثُكُمْ فِيهِ لِيُقْضَىٰ أَجَلٌ مُّسَمًّى ۖ
ثُمَّ إِلَيْهِ مَرْجِعُكُمْ ثُمَّ يُنَبِّئُكُم بِمَا كُنتُمْ
تَعْمَلُونَ ﴿٦٠﴾

61. ਉਹੀਓ (ਅੱਲਾਹ) ਆਪਣੇ ਬੰਦਿਆਂ ਉੱਤੇ ਹਰ ਪੱਖੋਂ ਭਾਰੂ ਹੈ ਅਤੇ ਰੂਹਾਨੀ ਨਿਗਰਾਨੀ ਲਈ (ਫ਼ਰਿਸ਼ਤਿਆਂ ਨੂੰ) ਭੇਜਦਾ ਹੈ,[1] ਇੱਥੋਂ ਤੀਕ ਕਿ ਜਦੋਂ ਤੁਹਾਡੇ ਵਿੱਚੋਂ ਕਿਸੇ ਦੀ ਮੌਤ ਦਾ ਸਮਾਂ ਆਉਂਦਾ ਹੈ, ਉਸ ਦੀ ਰੂਹ ਸਾਡੇ ਭੇਜੇ ਹੋਏ ਫ਼ਰਿਸ਼ਤੇ ਕਬਜ਼ ਕਰਦੇ ਹਨ। ਉਹ ਕੁੱਝ ਵੀ ਗ਼ਲਤੀ ਨਹੀਂ ਕਰਦੇ।

وَهُوَ الْقَاهِرُ فَوْقَ عِبَادِهِ وَيُرْسِلُ عَلَيْكُمْ حَفَظَةً حَتَّىٰ إِذَا جَاءَ أَحَدَكُمُ الْمَوْتُ تَوَفَّتْهُ رُسُلُنَا وَهُمْ لَا يُفَرِّطُونَ ﴿٦١﴾

62. ਫੇਰ ਉਹ ਸਾਰੇ ਆਪਣੇ ਸੱਚੇ ਮਾਲਿਕ ਵੱਲ ਪਰਤਾਏ ਜਾਣਗੇ। ਚੰਗੀ ਤਰ੍ਹਾਂ ਸੁਣ ਲਵੋ ਕਿ ਫ਼ੈਸਲਿਆਂ ਦਾ ਸਾਰਾ ਅਧਿਕਾਰ ਅੱਲਾਹ ਨੂੰ ਹੀ ਪ੍ਰਾਪਤ ਹੈ ਅਤੇ ਉਹ ਹਿਸਾਬ ਲੈਣ ਵਿਚ ਬਹੁਤ ਹੀ ਛੇਤੀ ਕਰਦਾ ਹੈ।

ثُمَّ رُدُّوا إِلَى اللَّهِ مَوْلَاهُمُ الْحَقِّ أَلَا لَهُ الْحُكْمُ وَهُوَ أَسْرَعُ الْحَاسِبِينَ ﴿٦٢﴾

63. (ਹੇ ਨਬੀ!) ਤੁਸੀਂ ਇਹਨਾਂ ਨੂੰ ਪੁੱਛੋ ਕਿ ਉਹ ਕੌਣ ਹੈ ਜਿਹੜਾ ਤੁਹਾਨੂੰ ਥਲ (ਧਰਤੀ) ਅਤੇ ਜਲ (ਦਰਿਆਵਾਂ) ਦੇ ਹਨੇਰਿਆਂ ਦੇ ਖ਼ਤਰਿਆਂ ਤੋਂ ਬਚਾਉਂਦਾ ਹੈ? ਤੁਸੀਂ ਉਸੇ ਨੂੰ ਮਿੰਨਤਾਂ ਤਰਲੇ ਪਾ ਕੇ ਅਤੇ ਹੌਲੀ-ਹੌਲੀ ਅਰਦਾਸਾਂ ਕਰਦੇ ਹੋ ਕਿ ਜੇ

قُلْ مَنْ يُنَجِّيكُمْ مِنْ ظُلُمَاتِ الْبَرِّ وَالْبَحْرِ تَدْعُونَهُ تَضَرُّعًا وَخُفْيَةً لَئِنْ أَنْجَانَا مِنْ هَٰذِهِ لَنَكُونَنَّ مِنَ الشَّاكِرِينَ ﴿٦٣﴾

---

[1] ਇਸ ਤੋਂ ਭਾਵ ਉਹ ਫ਼ਰਿਸ਼ਤੇ ਹਨ ਜਿਹੜੇ ਮਨੁੱਖ ਦੇ ਚੰਗੇ ਜਾਂ ਮੰਦੇ ਅਮਲ ਲਿਖਦੇ ਹਨ। ਹਦੀਸ ਅਨੁਸਾਰ ਨਬੀ ਕਰੀਮ (ਸ:) ਨੇ ਫ਼ਰਮਾਇਆ ਕਿ ਅੱਲਾਹ ਨੇ ਚੰਗੇ ਜਾਂ ਮੰਦੇ ਸਾਰੇ ਕੰਮ ਲਿਖੇ ਹੋਏ ਹਨ। ਫੇਰ ਉਹਨਾਂ ਦੀ ਵਿਆਖਿਆ ਫ਼ਰਮਾਈ, ਜਿਹੜਾ ਵਿਅਕਤੀ ਇਕ ਨੇਕ ਕੰਮ ਕਰਨ ਦਾ ਇਰਾਦਾ ਕਰੇਗਾ ਪਰ ਉਹ ਨਹੀਂ ਕਰ ਸਕੇਗਾ ਤਾਂ ਉਸ ਦੇ ਹੱਕ ਵਿਚ ਇਕ ਨੇਕੀ ਲਿਖੀ ਜਾਵੇਗੀ। ਅਤੇ ਜਿਹੜਾ ਇਕ ਨੇਕ ਕੰਮ ਕਰਨ ਦਾ ਇਰਾਦਾ ਕਰੇ ਅਤੇ ਉਸ ਨੂੰ ਪੂਰਾ ਵੀ ਕਰੇ ਤਾਂ ਅੱਲਾਹ ਉਸ ਲਈ ਦੱਸ ਤੋਂ ਲੈ ਕੇ ਸੱਤ ਸੌ ਗੁਣਾ ਸਗੋਂ ਉਸ ਤੋਂ ਵੀ ਵੱਧ ਸਵਾਬ ਲਿਖੇਗਾ। ਜੇ ਕੋਈ ਬੁਰਾ ਕੰਮ ਕਰਨ ਦਾ ਇਰਾਦਾ ਕਰੇ ਪਰ ਉਹ ਨਾ ਕਰੇ ਤਾਂ ਅੱਲਾਹ ਉਸ ਦੇ ਹੱਕ ਵਿਚ ਇਕ ਨੇਕੀ ਦਾ ਸਵਾਬ ਲਿਖੇਗਾ। ਪਰ ਜੇ ਉਹ ਵਿਅਕਤੀ ਕੋਈ ਬੁਰੇ ਕੰਮ ਦਾ ਇਰਾਦਾ ਕਰੇ ਅਤੇ ਉਸ ਨੂੰ ਕਰੇ ਵੀ ਤਾਂ ਅੱਲਾਹ ਉਸ ਦੇ ਹੱਕ ਵਿਚ ਇਕ ਬੁਰਾਈ ਲਿਖੇਗਾ। (ਸਹੀ ਬੁਖ਼ਾਰੀ, ਹਦੀਸ: 6491)

ਹਜ਼ਰਤ ਅਬੂ-ਹੁਰੈਰਾ ਫ਼ਰਮਾਉਂਦੇ ਹਨ ਕਿ ਨਬੀ ਕਰੀਮ (ਸ:) ਨੇ ਫ਼ਰਮਾਇਆ ਕਿ ਰਾਤ ਤੇ ਦਿਨ ਦੇ ਫ਼ਰਿਸ਼ਤੇ ਵਾਰੀ ਵਾਰੀ ਆਉਂਦੇ ਹਨ ਅਤੇ ਫ਼ਜਰ ਤੇ ਅਸਰ ਵੇਲੇ ਜਮ੍ਹਾਂ ਹੋ ਜਾਂਦੇ ਹਨ। ਰਾਤ ਵਾਲੇ ਫ਼ਰਿਸ਼ਤੇ ਜਦੋਂ ਸਵੇਰ ਨੂੰ ਅੱਲਾਹ ਦੇ ਦਰਬਾਰ ਵਿਚ ਹਾਜ਼ਰ ਹੁੰਦੇ ਹਨ ਤਾਂ ਉਹ ਉਹਨਾਂ ਤੋਂ ਪੁੱਛਦਾ ਹੈ ਭਾਵੇਂ ਕਿ ਉਹ ਚੰਗੀ ਤਰ੍ਹਾਂ ਜਾਣਦਾ ਹੈ ਕਿ ਤੁਸੀਂ ਮੇਰੇ ਬੰਦਿਆਂ ਨੂੰ ਕਿਸ ਹਾਲਤ ਵਿਚ ਛੱਡ ਕੇ ਆਏ ਹੋ? ਫ਼ਰਿਸ਼ਤੇ ਜਵਾਬ ਦਿੰਦੇ ਹਨ ਹੇ ਅੱਲਾਹ! ਅਸੀਂ ਉਹਨਾਂ ਨੂੰ ਛੱਡ ਕੇ ਆਏ ਹਾਂ ਕਿ ਉਹ ਨਮਾਜ਼ ਪੜ੍ਹ ਰਹੇ ਸੀ ਅਤੇ ਜਦੋਂ ਉਹਨਾਂ ਦੇ ਕੋਲ ਗਏ ਸੀ ਤਾਂ ਵੀ ਉਹ ਨਮਾਜ਼ ਪੜ੍ਹ ਰਹੇ ਸੀ। (ਸਹੀ ਬੁਖ਼ਾਰੀ, ਹਦੀਸ: 3223)

ਉਹ ਸਾਨੂੰ ਇਹਨਾਂ (ਮੁਸੀਬਤਾਂ) ਤੋਂ ਬਚਾ ਲਵੇ ਤਾਂ ਅਸੀਂ ਜ਼ਰੂਰ ਹੀ ਧੰਨਵਾਦੀ ਹੋਵਾਂਗੇ।

64. ਤੁਸੀਂ ਆਖ ਦਿਓ ਕਿ ਅੱਲਾਹ ਹੀ ਤੁਹਾਨੂੰ ਇਸ (ਮੁਸੀਬਤ) ਤੋਂ ਅਤੇ ਹਰ ਤਕਲੀਫ਼ ਤੋਂ ਮੁਕਤ ਕਰਦਾ ਹੈ, ਫੇਰ ਵੀ ਤੁਸੀਂ ਉਸ ਦੇ ਨਾਲ ਸ਼ਿਰਕ ਕਰਨ ਲੱਗ ਜਾਂਦੇ ਹੋ!

قُلِ اللّٰهُ يُنَجِّيْكُمْ مِّنْهَا وَمِنْ كُلِّ كَرْبٍ ثُمَّ اَنْتُمْ تُشْرِكُوْنَ ﴿٦٤﴾

65. (ਹੇ ਨਬੀ!) ਤੁਸੀਂ ਕਹੋ ਕਿ ਇਹ ਗੱਲ ਦੀ ਵੀ ਉਸੇ ਨੂੰ ਕੁਦਰਤ ਹੈ ਕਿ ਤੁਹਾਡੇ ਉੱਤੇ ਕੋਈ ਅਜ਼ਾਬ ਉਪਰੋਂ (ਅਕਾਸ਼ੋਂ) ਉਤਾਰ ਦੇਵੇ ਜਾਂ ਤੁਹਾਡੇ ਪੈਰਾਂ ਹੇਠੋਂ (ਧਰਤੀਓਂ) ਕੱਢ ਲਿਆਵੇ ਜਾਂ ਤੁਹਾਨੂੰ ਵੱਖ-ਵੱਖ ਟੋਲਿਆਂ ਵਿਚ ਵੰਡ ਕੇ ਇਕ ਦੂਜੇ ਦੀ ਸ਼ਕਤੀ ਦਾ ਸੁਆਦ ਚਖਾਵੇ। ਤੁਸੀਂ ਵੇਖੋ ਤਾਂ ਸਹੀ ਕਿ ਅਸੀਂ ਕਿਵੇਂ ਵੱਖੋ ਵੱਖ ਢੰਗ ਨਾਲ ਦਲੀਲਾਂ ਦਿੰਦੇ ਹਾਂ ਤਾਂ ਜੋ ਉਹ (ਇਨਕਾਰੀ) ਸਮਝ ਸਕਣ।

قُلْ هُوَ الْقَادِرُ عَلٰٓى اَنْ يَّبْعَثَ عَلَيْكُمْ عَذَابًا مِّنْ فَوْقِكُمْ اَوْ مِنْ تَحْتِ اَرْجُلِكُمْ اَوْ يَلْبِسَكُمْ شِيَعًا وَّيُذِيْقَ بَعْضَكُمْ بَاْسَ بَعْضٍ ؕ اُنْظُرْ كَيْفَ نُصَرِّفُ الْاٰيٰتِ لَعَلَّهُمْ يَفْقَهُوْنَ ﴿٦٥﴾

66. ਅਤੇ ਤੁਹਾਡੀ ਕੌਮ ਇਸ (ਕੁਰਆਨ) ਨੂੰ ਝੁਠਲਾਉਂਦੀ ਹੈ ਜਦ ਕਿ ਉਹ ਹੱਕ ਹੈ। ਤੁਸੀਂ ਕਹਿ ਦਿਓ ਕਿ ਮੈਂ ਤੁਹਾਡੇ ਉੱਤੇ ਕੋਈ ਨਿਗਰਾਨ ਨਹੀਂ ਹਾਂ।

وَكَذَّبَ بِهٖ قَوْمُكَ وَهُوَ الْحَقُّ ؕ قُلْ لَّسْتُ عَلَيْكُمْ بِوَكِيْلٍ ﴿٦٦﴾

67. ਹਰੇਕ ਖ਼ਬਰ ਦੇ ਪ੍ਰਗਟ ਹੋਣ ਦਾ ਇਕ ਸਮਾਂ ਨਿਸ਼ਚਿਤ ਹੈ ਅਤੇ ਤੁਹਾਨੂੰ ਛੇਤੀ ਹੀ ਪਤਾ ਲੱਗ ਜਾਵੇਗਾ (ਜਦੋਂ ਕਿਆਮਤ ਆਵੇਗੀ)।

لِكُلِّ نَبَاٍ مُّسْتَقَرٌّ ؗ وَّسَوْفَ تَعْلَمُوْنَ ﴿٦٧﴾

68. (ਹੇ ਨਬੀ!) ਜਦੋਂ ਤੁਸੀਂ ਵੇਖੋ ਕਿ ਇਹ (ਕਾਫ਼ਿਰ) ਲੋਕ ਸਾਡੀਆਂ ਆਇਤਾਂ (ਆਦੇਸ਼ਾਂ) ਦੀ ਨਿੰਦਾ ਕਰਦੇ ਹਨ ਤਾਂ ਇਹਨਾਂ ਲੋਕਾਂ ਤੋਂ ਦੂਰ ਹੱਟ ਜਾਓ। ਜਦੋਂ ਤਕ ਕਿ ਉਹ ਦੂਜੀਆਂ ਗੱਲਾਂ ਵਿਚ ਨਾ ਰੁਝ ਜਾਣ। ਜੇ ਸ਼ੈਤਾਨ ਤੁਹਾਨੂੰ ਇਹ ਗੱਲ ਭੁਲਾ ਵੀ ਦੇਵੇ ਤਾਂ ਯਾਦ ਆਉਣ 'ਤੇ ਇਹਨਾਂ ਜ਼ਾਲਮਾਂ ਨਾਲ ਨਾ ਬੈਠੋ।

وَاِذَا رَاَيْتَ الَّذِيْنَ يَخُوْضُوْنَ فِيْٓ اٰيٰتِنَا فَاَعْرِضْ عَنْهُمْ حَتّٰى يَخُوْضُوْا فِيْ حَدِيْثٍ غَيْرِهٖ ؕ وَاِمَّا يُنْسِيَنَّكَ الشَّيْطٰنُ فَلَا تَقْعُدْ بَعْدَ الذِّكْرٰى مَعَ الْقَوْمِ الظّٰلِمِيْنَ ﴿٦٨﴾

69. ਜਿਹੜੇ ਲੋਕੀ ਪਰਹੇਜ਼ਗਾਰ ਹਨ ਉਹਨਾਂ 'ਤੇ ਉਹਨਾਂ (ਕਾਫ਼ਿਰਾਂ) ਦੇ ਲੇਖੇ 'ਚੋਂ ਕਿਸੇ ਗੱਲ ਦੀ ਕੋਈ ਜ਼ਿੰਮੇਵਾਰੀ ਨਹੀਂ, ਪਰ ਨਸੀਹਤ ਕਰਨਾ ਉਹਨਾਂ ਦਾ ਫ਼ਰਜ਼ ਹੈ। ਹੋ ਸਕਦਾ ਹੈ ਕਿ ਉਹ (ਕਾਫ਼ਿਰ) ਵੀ (ਰੱਬ ਤੋਂ) ਡਰਨ ਵਾਲੇ ਬਣ ਜਾਣ।

وَمَا عَلَى الَّذِينَ يَتَّقُونَ مِنْ حِسَابِهِم مِّن شَيْءٍ
وَلَٰكِن ذِكْرَىٰ لَعَلَّهُمْ يَتَّقُونَ ﴿٦٩﴾

70. (ਹੇ ਨਬੀ!) ਅਜਿਹੇ ਲੋਕਾਂ ਦਾ ਖਹਿੜਾ ਛੱਡ ਦਿਓ ਜਿਨ੍ਹਾਂ ਨੇ ਆਪਣੇ ਧਰਮ ਨੂੰ ਖੇਡ-ਤਮਾਸ਼ਾ ਬਣਾ ਛੱਡਿਆ ਹੈ ਅਤੇ ਸੰਸਾਰਿਕ ਜੀਵਨ ਨੇ ਉਹਨਾਂ ਨੂੰ ਧੋਖੇ ਵਿਚ ਪਾ ਛੱਡਿਆ ਹੈ (ਕਿ ਜੀਵਨ ਤਾਂ ਬਸ ਇਹੋ ਹੈ)। ਤੁਸੀਂ ਇਸ ਕੁਰਆਨ ਦੁਆਰਾ ਨਸੀਹਤ ਕਰਦੇ ਰਹੋ ਤਾਂ ਜੋ ਕੋਈ ਵਿਅਕਤੀ ਆਪਣੀਆਂ ਹੀ ਕਰਤੂਤਾਂ ਕਾਰਨ ਰਾਹੀ ਬਰਬਾਦ ਨਾ ਹੋ ਜਾਵੇ। ਫੇਰ ਛੁੱਟ ਅੱਲਾਹ ਤੋਂ ਨਾ ਤਾਂ ਉਸ ਦਾ ਕੋਈ ਸਹਾਈ ਹੋਵੇਗਾ ਅਤੇ ਨਾ ਹੀ ਸਿਫ਼ਾਰਸ਼ੀ ਹੋਵੇਗਾ। ਜੇ ਉਹ ਦੁਨੀਆਂ ਭਰ ਦੀਆਂ ਸੱਭੇ ਚੀਜ਼ਾਂ ਵੀ (ਆਪਣੇ ਬਚਾਓ ਦੇ) ਬਦਲੇ ਵਿਚ ਦੇ ਦੇਣ ਤਾਂ ਵੀ ਉਸ ਤੋਂ ਕੁੱਝ ਨਹੀਂ ਲਿਆ ਜਾਵੇਗਾ। ਇਹ ਉਹ ਲੋਕ ਹਨ ਜਿਨ੍ਹਾਂ ਨੂੰ ਉਹਨਾਂ ਦੇ ਕਰਮਾਂ ਕਾਰਨ ਹਲਾਕ ਕੀਤਾ ਗਿਆ ਹੈ ਅਤੇ ਜਿਹੜਾ ਉਹ ਕੁਫ਼ਰ ਕਰਦੇ ਰਹੇ ਉਸ ਕਾਰਨ ਉਹਨਾਂ ਨੂੰ ਨਰਕ ਵਿਚ ਉਬਲਦਾ ਹੋਇਆ ਪਾਣੀ ਪੀਣ ਲਈ ਮਿਲੇਗਾ ਅਤੇ ਦਰਦਨਾਕ ਸਜ਼ਾ ਮਿਲੇਗੀ।

وَذَرِ الَّذِينَ اتَّخَذُوا دِينَهُمْ لَعِبًا وَلَهْوًا وَغَرَّتْهُمُ
الْحَيَاةُ الدُّنْيَا ۚ وَذَكِّرْ بِهِ أَن تُبْسَلَ نَفْسٌ بِمَا
كَسَبَتْ لَيْسَ لَهَا مِن دُونِ اللَّهِ وَلِيٌّ
وَلَا شَفِيعٌ وَإِن تَعْدِلْ كُلَّ عَدْلٍ لَّا يُؤْخَذْ
مِنْهَا ۗ أُولَٰئِكَ الَّذِينَ أُبْسِلُوا بِمَا كَسَبُوا ۖ
لَهُمْ شَرَابٌ مِّنْ حَمِيمٍ وَعَذَابٌ أَلِيمٌ بِمَا
كَانُوا يَكْفُرُونَ ﴿٧٠﴾

71. (ਹੇ ਨਬੀ!) ਤੁਸੀਂ ਆਖ ਦਿਓ। ਕੀ ਅਸੀਂ ਅੱਲਾਹ ਨੂੰ ਛੱਡ ਕੇ ਉਹਨਾਂ ਨੂੰ ਪੁਕਾਰੀਏ ਜੋ ਨਾ ਸਾਨੂੰ ਕੋਈ ਲਾਭ ਦੇ ਸਕਦੇ ਹਨ ਤੇ ਨਾ ਹੀ ਹਾਨੀ? ਕੀ ਅਸੀਂ ਅੱਲਾਹ ਦੀ ਹਿਦਾਇਤ ਤੋਂ ਬਾਅਦ ਵੀ ਪੁੱਠੇ ਤੁਰੀਏ? ਜਾਂ ਅਸੀਂ ਉਸ ਵਿਅਕਤੀ ਵਾਂਗ ਹੋ ਜਾਈਏ ਜਿਸ ਨੂੰ ਜੰਗਲ

قُلْ أَنَدْعُو مِن دُونِ اللَّهِ مَا لَا يَنفَعُنَا
وَلَا يَضُرُّنَا وَنُرَدُّ عَلَىٰ أَعْقَابِنَا بَعْدَ إِذْ
هَدَانَا اللَّهُ كَالَّذِي اسْتَهْوَتْهُ الشَّيَاطِينُ
فِي الْأَرْضِ حَيْرَانَ لَهُ أَصْحَابٌ يَدْعُونَهُ
إِلَى الْهُدَى ائْتِنَا ۗ قُلْ إِنَّ هُدَى اللَّهِ هُوَ
الْهُدَىٰ ۖ وَأُمِرْنَا لِنُسْلِمَ لِرَبِّ الْعَالَمِينَ ﴿٧١﴾

ਜਿਸ ਸ਼ੈਤਾਨ ਨੇ ਰਾਹ ਤੋਂ ਬੇਰਾਹ ਕਰ ਦਿੱਤਾ ਹੋਵੇ ਅਤੇ ਉਹ ਹੈਰਾਨ ਪਰੇਸ਼ਾਨ ਭਟਕਦਾ ਫਿਰਦਾ ਹੋਵੇ, ਉਸ ਦੇ ਕੁੱਝ ਸਾਥੀ ਵੀ ਹੋਣ ਜਿਹੜੇ ਉਸ ਨੂੰ ਠੀਕ ਰਸਤੇ ਵੱਲ ਬੁਲਾ ਰਹੇ ਹੋਣ ਕਿ ਸਾਡੇ ਨਾਲ ਆ ਜਾ (ਇਹੋ ਸਿੱਧੀ ਰਾਹ ਹੈ)। (ਹੇ ਨਬੀ!) ਤੁਸੀਂ ਕਹੋ ਕਿ ਹਕੀਕਤ ਇਹੋ ਹੈ ਕਿ ਸਿੱਧੀ ਰਾਹ ਉਹੀਓ ਹੈ ਜਿਹੜੀ ਖ਼ਾਸ ਅੱਲਾਹ ਵੱਲ ਹੀ ਜਾਂਦੀ ਹੋਵੇ ਅਤੇ ਸਾਨੂੰ ਇਹ ਵੀ ਹੁਕਮ ਹੋਇਆ ਹੈ ਕਿ ਅਸੀਂ ਕੁੱਲ ਜਹਾਨ ਦੇ ਪਾਲਣਹਾਰ ਦੀ ਅਧੀਨਗੀ ਇਖ਼ਤਿਆਰ ਕਰੀਏ।

72 ਅਤੇ ਇਹ ਵੀ (ਹੁਕਮ ਹੋਇਆ ਹੈ) ਕਿ ਨਮਾਜ਼ਾਂ ਦੀ ਪਾਬੰਦੀ ਕਰੀਏ ਅਤੇ ਉਸੇ ਅੱਲਾਹ ਤੋਂ ਹੀ ਡਰੀਏ ਜੋ ਜਿਸ ਦੇ ਕੋਲ ਸਭ ਨੇ ਇਕੱਠਿਆਂ ਹੋਣਾ ਹੈ।

وَأَنْ أَقِيمُوا الصَّلٰوةَ وَاتَّقُوهُ ۚ وَهُوَ الَّذِي إِلَيْهِ تُحْشَرُونَ ﴿٧٢﴾

73. ਉਹੀਓ ਹੈ ਜਿਸ ਨੇ ਅਕਾਸ਼ਾਂ ਤੇ ਧਰਤੀ ਨੂੰ ਹੱਕ ਸੱਚ ਨਾਲ ਪੈਦਾ ਕੀਤਾ ਹੈ ਅਤੇ ਜਿਸ ਦਿਨ ਅੱਲਾਹ ਆਖੇਗਾ ਕਿ 'ਹੋ ਜਾ' ਬਸ ਉਹ (ਕਿਆਮਤ) ਹੋ ਜਾਵੇਗੀ। ਉਸ ਦਾ ਕਹਿਣਾ ਹੀ ਸੱਚ ਹੈ। (ਕਿਆਮਤ ਦਿਹਾੜੇ ਸਾਰੀ ਹਕੂਮਤ ਅੱਲਾਹ ਦੀ ਹੀ ਹੋਵੇਗੀ) ਜਦੋਂ ਸੂਰ (ਨਰਸਿੰਘਾ) ਵਿਚ ਫੂਕ ਮਾਰੀ ਜਾਵੇਗੀ। ਉਹ ਗੁਪਤ ਗੱਲਾਂ ਦਾ ਵੀ ਅਤੇ ਪ੍ਰਗਟ ਹੋਣ ਵਾਲੀਆਂ ਸਾਰੀਆਂ ਗੱਲਾਂ ਦਾ ਜਾਣਨਹਾਰ ਹੈ ਅਤੇ ਉਹੀਓ ਹਿਕਮਤਾਂ ਵਾਲਾ ਅਤੇ ਪੂਰੀ ਜਾਣਕਾਰੀ ਰੱਖਣ ਵਾਲਾ ਹੈ।

وَهُوَ الَّذِي خَلَقَ السَّمٰوٰتِ وَالْأَرْضَ بِالْحَقِّ ۖ وَيَوْمَ يَقُولُ كُنْ فَيَكُونُ ۚ قَوْلُهُ الْحَقُّ ۚ وَلَهُ الْمُلْكُ يَوْمَ يُنْفَخُ فِي الصُّورِ ۚ عٰلِمُ الْغَيْبِ وَالشَّهَادَةِ ۚ وَهُوَ الْحَكِيمُ الْخَبِيرُ ﴿٧٣﴾

74 ਉਹ ਸਮਾਂ ਵੀ ਯਾਦ ਰੱਖਣ ਯੋਗ ਹੈ ਜਦੋਂ ਇਬਰਾਹੀਮ ਨੇ ਆਪਣੇ ਪਿਤਾ ਆਜ਼ਰ ਨੂੰ ਕਿਹਾ ਸੀ, ਕੀ ਤੁਸੀਂ ਬੁਤਾਂ ਨੂੰ ਇਸ਼ਟ ਬਣਾਉਂਦੇ ਹੋ? ਮੈਂ

وَإِذْ قَالَ إِبْرٰهِيمُ لِأَبِيهِ آزَرَ أَتَتَّخِذُ أَصْنَامًا آلِهَةً ۖ إِنِّي أَرٰىكَ وَقَوْمَكَ فِي ضَلٰلٍ مُبِينٍ ﴿٧٤﴾

ਤੁਹਾਨੂੰ ਅਤੇ ਤੁਹਾਡੀ ਸਾਰੀ ਬਰਾਦਰੀ ਨੂੰ ਗੁਮਰਾਹੀ ਵਿਚ ਪਿਆ ਵੇਖ ਰਿਹਾ ਹਾਂ।[1]

75. ਅਸੀਂ ਇਬਰਾਹੀਮ ਨੂੰ ਅਕਾਸ਼ਾਂ ਤੇ ਧਰਤੀ ਦੀਆਂ ਸਾਰੀਆਂ ਚੀਜ਼ਾਂ ਇਸ ਲਈ ਵਿਖਾਉਂਦੇ ਸੀ ਤਾਂ ਜੋ ਉਹ ਪੂਰਨ ਵਿਸ਼ਵਾਸ ਕਰਨ ਵਾਲਿਆਂ ਵਿੱਚੋਂ ਹੋ ਜਾਵੇ।

وَكَذَٰلِكَ نُرِيٓ إِبْرَٰهِيمَ مَلَكُوتَ ٱلسَّمَٰوَٰتِ
وَٱلْأَرْضِ وَلِيَكُونَ مِنَ ٱلْمُوقِنِينَ ﴿٧٥﴾

76. ਜਦੋਂ ਰਾਤ ਦਾ ਹਨੇਰਾ ਉਹਨਾਂ ਉੱਤੇ ਛਾ ਗਿਆ ਤਾਂ ਉਸ (ਇਬਰਾਹੀਮ) ਨੇ ਇਕ ਤਾਰਾ ਵੇਖਿਆ ਅਤੇ ਆਖਿਆ ਕਿ ਇਹੋ ਮੇਰਾ ਰੱਬ ਹੈ, ਪਰ ਜਦੋਂ ਉਹ ਡੁੱਬ ਗਿਆ ਤਾਂ ਆਖਿਆ ਕਿ ਮੈਂ ਡੁੱਬਣ ਵਾਲਿਆਂ ਨਾਲ ਮੁਹੱਬਤ ਨਹੀਂ ਰੱਖਦਾ।

فَلَمَّا جَنَّ عَلَيْهِ ٱلَّيْلُ رَءَا كَوْكَبًا ۖ قَالَ هَٰذَا رَبِّي ۖ
فَلَمَّآ أَفَلَ قَالَ لَآ أُحِبُّ ٱلْءَافِلِينَ ﴿٧٦﴾

77. ਫੇਰ ਜਦੋਂ ਚੰਨ ਨੂੰ ਚਮਕਦਾ ਵੇਖਿਆ ਤਾਂ ਕਿਹਾ ਕਿ ਇਹ ਮੇਰਾ ਰੱਬ ਹੈ। ਪ੍ਰੰਤੂ ਜਦੋਂ ਉਹ ਵੀ ਡੁੱਬ ਗਿਆ ਤਾਂ ਆਪ ਨੇ ਕਿਹਾ ਕਿ ਜੇ ਮੈਨੂੰ ਮੇਰੇ ਰੱਬ ਨੇ ਹਿਦਾਇਤ ਨਾ ਬਖ਼ਸ਼ੀ ਤਾਂ ਮੈਂ ਵੀ ਕੁਰਾਹੇ ਪੈਣ ਵਾਲਿਆਂ ਵਿੱਚੋਂ ਹੋ ਜਾਵਾਂਗਾ।

فَلَمَّا رَءَا ٱلْقَمَرَ بَازِغًا قَالَ هَٰذَا رَبِّي ۖ فَلَمَّآ أَفَلَ
قَالَ لَئِن لَّمْ يَهْدِنِي رَبِّي لَأَكُونَنَّ مِنَ
ٱلْقَوْمِ ٱلضَّآلِّينَ ﴿٧٧﴾

78. ਫੇਰ ਜਦੋਂ ਉਸ ਨੇ ਸੂਰਜ ਨੂੰ ਲਿਸ਼ਕਾਰੇ ਮਾਰਦਾ ਹੋਇਆ ਵੇਖਿਆ ਤਾਂ ਆਖਿਆ ਕਿ ਇਹ ਮੇਰਾ ਰੱਬ ਹੈ, ਇਹ ਤਾਂ ਸਾਰਿਆਂ ਤੋਂ ਵੱਡਾ ਹੈ। ਜਦੋਂ ਉਹ

فَلَمَّا رَءَا ٱلشَّمْسَ بَازِغَةً قَالَ هَٰذَا رَبِّي هَٰذَآ
أَكْبَرُ ۖ فَلَمَّآ أَفَلَتْ قَالَ يَٰقَوْمِ إِنِّي بَرِيٓءٌ
مِّمَّا تُشْرِكُونَ ﴿٧٨﴾

[1] ਹਜ਼ਰਤ ਇਬਰਾਹੀਮ ਦੇ ਪਿਤਾ ਆਪਣੀ ਕੌਮ ਵਾਂਗ ਕੁਰਾਹੇ ਪਏ ਹੋਏ ਸੀ ਜੋ ਦੂਜੇ ਮੁਸ਼ਰਿਕਾਂ ਵਾਂਗ ਉਹ ਵੀ ਨਰਕ ਵਿਚ ਜਾਣਗੇ ਜਿਵੇਂ ਹਦੀਸ ਵਿਚ ਹੈ ਕਿ ਅੱਲਾਹ ਦੇ ਰਸੂਲ (ਸ.) ਨੇ ਫ਼ਰਮਾਇਆ, ਹਸ਼ਰ ਵਾਲੇ ਦਿਨ ਇਬਰਾਹੀਮ ਆਪਣੇ ਪਿਤਾ ਆਜ਼ਰ ਨੂੰ ਜਿਨ੍ਹਾਂ ਦਾ ਚਿਹਰਾ ਮਿੱਟੀ ਘੱਟੇ ਨਾਲ ਲਿਬੜਿਆ ਹੋਵੇਗਾ, ਇਬਰਾਹੀਮ ਉਹਨਾਂ ਨੂੰ ਕਹਿਣਗੇ ਕੀ ਮੈਂ ਨੇ ਤੁਹਾਨੂੰ ਨਹੀਂ ਕਿਹਾ ਸੀ ਕਿ ਨਾ-ਫ਼ਰਮਾਨੀ ਨਾ ਕਰਨਾ ਤਾਂ ਆਜ਼ਰ ਆਖੇਗਾ ਕਿ ਅੱਜ ਮੈਂ ਤੇਰੀ ਨਾ-ਫ਼ਰਮਾਨੀ ਨਹੀਂ ਕਰਾਂਗਾ। ਇਬਰਾਹੀਮ ਆਪਣੇ ਰੱਬ ਨੂੰ ਬੇਨਤੀ ਕਰਨਗੇ ਕਿ ਹੇ ਰੱਬ! ਤੈਨੂੰ ਮੇਰੇ ਨਾਲ ਵਾਅਦਾ ਕੀਤਾ ਸੀ ਕਿ ਤੂੰ ਹਸ਼ਰ ਵਾਲੇ ਦਿਨ ਮੈਨੂੰ ਜ਼ਲੀਲ ਨਹੀਂ ਹੋਣ ਦੇਵੇਂਗਾ ਇਸ ਤੋਂ ਵੱਧ ਕੇ ਮੇਰੀ ਰੁਸਵਾਈ ਕੀ ਹੋਵੇਗੀ ਕਿ ਮੇਰੇ ਪਿਤਾ ਜ਼ਲੀਲ ਹੋਵੇ ਅਤੇ ਤੇਰੀ ਰਹਿਮਤ ਤੋਂ ਵਾਂਝਾ ਰਹਿ ਜਾਵੇ। ਇਸ 'ਤੇ ਅੱਲਾਹ ਫ਼ਰਮਾਏਗਾ ਮੈਂ ਨੇ ਕਾਫ਼ਿਰਾਂ ਲਈ ਜੰਨਤ ਨੂੰ ਹਰਾਮ ਕਰ ਛੱਡਿਆ ਹੈ, ਫੇਰ ਫ਼ਰਮਾਏਗਾ ਹੇ ਇਬਰਾਹੀਮ! ਆਪਣੇ ਪੈਰਾਂ ਦੇ ਹੇਠ ਵੇਖ ਇਬਰਾਹੀਮ ਵੇਖਣਗੇ ਕਿ ਗੰਦਗੀ ਨਾਲ ਭਰਿਆ ਹੋਇਆ ਇਕ ਬਿੱਜੂ ਹੈ ਜਿਸ ਨੂੰ ਲੱਤਾਂ ਤੋਂ ਫੜਿਆ ਜਾਵੇਗਾ ਅਤੇ ਨਰਕ ਵਿਚ ਸੁੱਟ ਦਿੱਤਾ ਜਾਵੇਗਾ। (ਸਹੀ ਬੁਖ਼ਾਰੀ, ਹਦੀਸ: 3350)

ਵੀ ਡੁੱਬ ਗਿਆ ਤਾਂ ਆਪ (ਇਬਰਾਹੀਮ) ਨੇ ਆਖਿਆ ਕਿ ਹੇ ਮੇਰੀ ਕੌਮ! ਬੇਸ਼ੱਕ ਮੈਂ ਤੁਹਾਡੀਆਂ ਉਹਨਾਂ ਸਾਰੀਆਂ ਚੀਜ਼ਾਂ ਤੋਂ ਬੇਜ਼ਾਰ ਹਾਂ ਜਿਨ੍ਹਾਂ ਨੂੰ ਤੁਸੀਂ ਰੱਬ ਦਾ ਸਾਂਝੀ ਬਣਾਇਆ ਹੋਇਆ ਹੈ।

79. ਮੈਂ ਨੇ ਆਪਣਾ ਮੂੰਹ ਉਸ ਹਸਤੀ ਵੱਲ ਹੀ ਕਰ ਲਿਆ ਹੈ ਜਿਸ ਨੇ ਅਕਾਸ਼ਾਂ ਨੂੰ ਅਤੇ ਧਰਤੀ ਨੂੰ ਸਾਜਿਆ ਹੈ। ਮੈਂ ਉਸੇ (ਅੱਲਾਹ) ਦਾ ਪਰਸਤਾਰ ਹਾਂ ਅਤੇ ਸ਼ਿਰਕ ਕਰਨ ਵਾਲਿਆਂ ਵਿੱਚੋਂ ਨਹੀਂ ਹਾਂ।

إِنِّي وَجَّهْتُ وَجْهِيَ لِلَّذِي فَطَرَ السَّمٰوٰتِ
وَالْأَرْضَ حَنِيفًا وَمَا أَنَا مِنَ الْمُشْرِكِينَ ﴿٧٩﴾

80. ਜਦੋਂ ਉਹ ਦੀ ਕੌਮ ਉਸ ਨਾਲ ਝਗੜਨ ਲੱਗੀ ਤਾਂ ਉਸ ਨੇ ਕੌਮ ਨੂੰ ਆਖਿਆ, ਕੀ ਤੁਸੀਂ ਅੱਲਾਹ ਦੇ ਮਾਮਲੇ ਵਿਚ ਮੇਰੇ ਨਾਲ ਝਗੜਦੇ ਹੋ? ਜਦ ਕਿ ਉਸੇ (ਅੱਲਾਹ) ਨੇ ਮੈਨੂੰ ਹਿਦਾਇਤ ਬਖ਼ਸ਼ੀ ਹੈ। ਮੈਂ ਉਹਨਾਂ ਤੋਂ ਨਹੀਂ ਡਰਦਾ ਜਿਨ੍ਹਾਂ ਨੂੰ ਤੁਸੀਂ ਅੱਲਾਹ ਦਾ ਸ਼ਰੀਕ ਬਣਾਇਆ ਹੈ। ਹਾਂ! ਜੇ ਮੇਰਾ ਰੱਬ ਹੀ ਕੁੱਝ ਚਾਹੇ ਤਾਂ ਉਹ ਕਰ ਸਕਦਾ ਹੈ। ਮੇਰੇ ਰੱਬ ਦੇ ਗਿਆਨ ਦੇ ਘੇਰੇ ਵਿਚ ਹਰ ਚੀਜ਼ ਹੈ। ਕੀ ਤੁਸੀਂ ਫੇਰ ਵੀ ਨਹੀਂ ਵਿਚਾਰ ਕਰਦੇ?

وَحَاجَّهُ قَوْمُهُ قَالَ أَتُحَاجُّونِّي فِي اللّٰهِ وَقَدْ
هَدٰىنِ وَلَا أَخَافُ مَا تُشْرِكُونَ بِهِ إِلَّا أَنْ
يَشَاءَ رَبِّي شَيْئًا وَسِعَ رَبِّي كُلَّ شَيْءٍ عِلْمًا
أَفَلَا تَتَذَكَّرُونَ ﴿٨٠﴾

81. ਮੈਂ ਉਹਨਾਂ (ਇਸ਼ਟਾਂ) ਤੋਂ ਕਿਵੇਂ ਡਰਾਂ ਜਿਨ੍ਹਾਂ ਨੂੰ ਤੁਸੀਂ (ਰੱਬ ਦਾ) ਸ਼ਰੀਕ ਬਣਾਇਆ ਹੈ, ਜਦ ਕਿ ਤੁਸੀਂ ਇਸ ਗੱਲ ਤੋਂ ਨਹੀਂ ਡਰਦੇ ਕਿ ਤੁਸੀਂ ਉਹਨਾਂ ਨੂੰ ਅੱਲਾਹ ਦਾ ਸ਼ਰੀਕ ਬਣਾਇਆ ਹੈ ਜਿਨ੍ਹਾਂ ਲਈ ਉਸ ਨੇ ਕੋਈ ਦਲੀਲ ਨਹੀਂ ਉਤਾਰੀ? ਸੋ ਇਹਨਾਂ ਦੋਹਾਂ (ਮੁਸ਼ਰਿਕ ਤੇ ਮੋਮਿਨ) ਧੜ੍ਹਿਆਂ ਵਿੱਚੋਂ ਕੌਣ ਵਧੇਰੇ ਨਿਸ਼ਚਿੰਤ ਹੋਣ ਦਾ ਅਧਿਕਾਰ ਰੱਖਦਾ ਹੈ, ਜੇ ਤੁਸੀਂ ਜਾਣਦੇ ਹੋ (ਤਾਂ ਦੱਸੋ)?

وَكَيْفَ أَخَافُ مَا أَشْرَكْتُمْ وَلَا تَخَافُونَ أَنَّكُمْ
أَشْرَكْتُمْ بِاللّٰهِ مَا لَمْ يُنَزِّلْ بِهِ عَلَيْكُمْ سُلْطٰنًا
فَأَيُّ الْفَرِيقَيْنِ أَحَقُّ بِالْأَمْنِ إِنْ كُنْتُمْ
تَعْلَمُونَ ﴿٨١﴾

82. ਜਿਹੜੇ ਲੋਕ ਈਮਾਨ ਲਿਆਏ ਅਤੇ ਉਹਨਾਂ ਨੇ ਆਪਣੇ ਈਮਾਨ ਨੂੰ ਜ਼ੁਲਮ (ਸ਼ਿਰਕ) ਨਾਲ

الَّذِينَ آمَنُوا وَلَمْ يَلْبِسُوا إِيمَانَهُمْ بِظُلْمٍ
أُولٰئِكَ لَهُمُ الْأَمْنُ وَهُمْ مُهْتَدُونَ ﴿٨٢﴾

ਨਹੀਂ ਲਬੇੜ੍ਹਿਆ ਉਹਨਾਂ ਲਈ ਹੀ ਅਮਨ ਹੈ ਅਤੇ ਸਿੱਧੇ ਰਾਹ 'ਤੇ ਵੀ ਇਹੋ ਚੱਲ ਰਹੇ ਹਨ।

83. ਇਹ ਸਾਡੀ (ਅੱਲਾਹ ਦੀ) ਦਲੀਲ ਸੀ ਜਿਹੜੀ ਅਸੀਂ ਇਬਰਾਹੀਮ ਨੂੰ ਉਸ ਦੀ ਕੌਮ ਦਾ ਮੁਕਾਬਲਾ ਕਰਨ ਲਈ ਬਖ਼ਸ਼ੀ ਸੀ। ਅਸੀਂ ਜਿਸ ਨੂੰ ਵੀ ਚਾਹੁੰਦੇ ਹਾਂ ਉਸ ਦੇ ਮਰਤਬੇ ਉੱਚੇ ਕਰ ਦਿੰਦੇ ਹਾਂ। ਬੇਸ਼ੱਕ (ਹੇ ਨਬੀ!) ਤੁਹਾਡਾ ਰੱਬ ਬਹੁਤ ਹੀ ਹਿਕਮਤ ਤੇ ਗਿਆਨ ਵਾਲਾ ਹੈ।

وَتِلْكَ حُجَّتُنَا آتَيْنَاهَا إِبْرَاهِيمَ عَلَىٰ قَوْمِهِ ۚ نَرْفَعُ
دَرَجَاتٍ مَّن نَّشَاءُ ۗ إِنَّ رَبَّكَ حَكِيمٌ عَلِيمٌ ﴿٨٣﴾

84. ਅਸੀਂ ਉਸ (ਇਬਰਾਹੀਮ) ਨੂੰ ਇਸਹਾਕ (ਪੁੱਤਰ) ਦਿੱਤਾ ਅਤੇ ਯਾਕੂਬ (ਪੋਤਰਾ) ਦਿੱਤਾ ਅਤੇ ਅਸੀਂ ਸਭ ਨੂੰ ਹਿਦਾਇਤ (ਭਾਵ ਨਬੁੱਵਤ) ਬਖ਼ਸ਼ੀ। ਇਸ ਤੋਂ ਪਹਿਲਾਂ ਅਸੀਂ ਨੂਹ ਨੂੰ ਹਿਦਾਇਤ ਬਖ਼ਸ਼ੀ ਸੀ ਅਤੇ ਉਸ ਦੀ ਔਲਾਦ ਵਿੱਚੋਂ ਦਾਊਦ, ਸੁਲੇਮਾਨ, ਅਯੂੱਬ, ਯੂਸੁਫ਼, ਮੂਸਾ ਤੇ ਹਾਰੂਨ ਨੂੰ ਵੀ ਹਿਦਾਇਤ ਬਖ਼ਸ਼ੀ ਸੀ, ਨੇਕੀ ਕਰਨ ਵਾਲਿਆਂ ਨੂੰ ਅਸੀਂ ਇੰਜ ਹੀ ਚੰਗਾ ਬਦਲਾ ਦਿਆ ਕਰਦੇ ਹਾਂ।

وَوَهَبْنَا لَهُ إِسْحَاقَ وَيَعْقُوبَ ۚ كُلًّا هَدَيْنَا ۚ وَنُوحًا
هَدَيْنَا مِن قَبْلُ ۖ وَمِن ذُرِّيَّتِهِ دَاوُودَ وَسُلَيْمَانَ
وَأَيُّوبَ وَيُوسُفَ وَمُوسَىٰ وَهَارُونَ ۚ وَكَذَٰلِكَ نَجْزِي
الْمُحْسِنِينَ ﴿٨٤﴾

85. ਇਸੇ ਤਰ੍ਹਾਂ ਜ਼ਕਰੀਆ, ਯਾਹੱਯਾ, ਈਸਾ ਅਤੇ ਇਲਯਾਸ ਨੂੰ ਵੀ ਹਿਦਾਇਤ ਬਖ਼ਸ਼ੀ, ਇਹ ਸਾਰੇ ਹੀ ਨੇਕ ਲੋਕਾਂ (ਨਬੀਆਂ) ਵਿੱਚੋਂ ਸਨ।

وَزَكَرِيَّا وَيَحْيَىٰ وَعِيسَىٰ وَإِلْيَاسَ ۖ كُلٌّ مِّنَ
الصَّالِحِينَ ﴿٨٥﴾

86. (ਉਸੇ ਦੇ ਵੰਸ਼ ਵਿੱਚੋਂ ਅਸੀਂ) ਇਸਮਾਈਲ, ਅਲ ਯਸਾਅ, ਯੂਨੁਸ ਅਤੇ ਲੂਤ ਨੂੰ ਵੀ ਹਿਦਾਇਤ (ਨਬੁੱਵਤ) ਬਖ਼ਸ਼ੀ ਅਤੇ ਇਹਨਾਂ ਸਾਰਿਆਂ ਨੂੰ ਸਮੂਹ ਸੰਸਾਰ ਵਾਸੀਆਂ ਉੱਤੇ ਵਡਿਆਈ ਬਖ਼ਸ਼ੀ।

وَإِسْمَاعِيلَ وَالْيَسَعَ وَيُونُسَ وَلُوطًا ۚ وَكُلًّا فَضَّلْنَا
عَلَى الْعَالَمِينَ ﴿٨٦﴾

87. ਇਸ ਦੇ ਨਾਲ ਹੀ ਉਹਨਾਂ ਦੇ ਪਿਓ ਦਾਦਿਆਂ, ਉਹਨਾਂ ਦੀ ਔਲਾਦ ਅਤੇ ਉ. ਾਂ ਦੇ ਭਰਾਵਾਂ ਵਿੱਚੋਂ ਕੁੱਝ ਨੂੰ ਅਸੀਂ (ਆਪਣੀ ਸੇਵਾ ਲਈ) ਚੁਣ ਲਿਆ ਅਤੇ ਸਿੱਧੇ ਰਾਹ ਵੱਲ ਉਹਨਾਂ ਦੀ ਅਗਵਾਈ ਕੀਤੀ।

وَمِنْ آبَائِهِمْ وَذُرِّيَّاتِهِمْ وَإِخْوَانِهِمْ ۖ وَاجْتَبَيْنَاهُمْ
وَهَدَيْنَاهُمْ إِلَىٰ صِرَاطٍ مُّسْتَقِيمٍ ﴿٨٧﴾

88 ਇਹ ਅੱਲਾਹ ਦੀ ਹਿਦਾਇਤ ਹੀ ਹੈ, ਉਹ ਆਪਣੇ ਬੰਦਿਆਂ ਵਿੱਚੋਂ ਜਿਸ ਨੂੰ ਚਾਹੁੰਦਾ ਹੈ ਇਸ ਵੱਲ ਅਗਵਾਈ ਕਰਦਾ ਹੈ। ਜੇ ਕਿਤੇ ਉਹ ਲੋਕ ਵੀ ਸ਼ਿਰਕ ਕਰਦੇ ਤਾਂ ਜੋ ਵੀ ਉਹ ਨੇਕੀ ਕਰਦੇ ਉਹ ਸਾਰੀ ਕੀਤੀ ਕੱਤਰੀ ਅਜਾਈਂ ਚੱਲੀ ਜਾਂਦੀ।

ذٰلِكَ هُدَى اللّٰهِ يَهْدِيْ بِهٖ مَنْ يَّشَآءُ مِنْ
عِبَادِهٖ ۭ وَلَوْ اَشْرَكُوْا لَحَبِطَ عَنْهُمْ مَّا كَانُوْا
يَعْمَلُوْنَ (88)

89. ਇਹ ਉਹ ਲੋਕ ਹਨ ਜਿਨ੍ਹਾਂ ਨੂੰ ਅਸੀਂ ਕਿਤਾਬ, ਹਿਕਮਤ ਅਤੇ ਨਬੁੱਵਤ ਰਾਹੀਂ ਨਿਵਾਜਿਆ ਸੀ। ਜੇ ਇਹ ਲੋਕ ਇਸ (ਰੱਬੀ ਹਿਦਾਇਤ) ਦਾ ਇਨਕਾਰ ਕਰਦੇ ਹਨ ਤਾਂ ਅਸੀਂ ਇਸ (ਨਿਆਮਤ) ਦੀ ਸੰਭਾਲ ਲਈ ਇਕ ਅਜਿਹੀ ਕੌਮ ਤਿਆਰ ਕਰ ਰੱਖੀ ਹੈ ਜਿਹੜੀ ਇਹਨਾਂ (ਹਿਦਾਇਤਾਂ) ਦਾ ਇਨਕਾਰ ਕਰਨ ਵਾਲੀ ਨਹੀਂ ਹੋਵੇਗੀ।

اُولٰٓئِكَ الَّذِيْنَ اٰتَيْنٰهُمُ الْكِتٰبَ وَالْحُكْمَ وَالنُّبُوَّةَ ۚ فَاِنْ
يَّكْفُرْ بِهَا هٰٓؤُلَآءِ فَقَدْ وَكَّلْنَا بِهَا قَوْمًا لَّيْسُوْا
بِهَا بِكٰفِرِيْنَ (89)

90 ਇਹੋ ਉਹ ਲੋਕ ਹਨ ਜਿਨ੍ਹਾਂ ਦੀ ਹਿਦਾਇਤ ਅੱਲਾਹ ਵੱਲੋਂ ਹੋਈ ਸੀ। ਸੋ (ਹੇ ਮੁਹੰਮਦ ਸ:!) ਤੁਸੀਂ ਵੀ ਉਹਨਾਂ ਦੇ ਹੀ ਰਾਹ 'ਤੇ ਤੁਰੋ ਅਤੇ ਆਖ ਦਿਓ ਕਿ ਮੈਂ ਤੁਹਾਥੋਂ ਇਸ ਕੰਮ (ਹਿਦਾਇਤ ਦੇਣ) ਦਾ ਕੋਈ ਬਦਲਾ ਨਹੀਂ ਚਾਹੁੰਦਾ। ਇਹ ਤਾਂ ਸਾਰੇ ਜਹਾਨ ਵਾਲਿਆਂ ਲਈ ਇਕ ਨਸੀਹਤ ਹੈ।

اُولٰٓئِكَ الَّذِيْنَ هَدَى اللّٰهُ فَبِهُدٰىهُمُ اقْتَدِهْ ۭ قُلْ
لَّآ اَسْـَٔلُكُمْ عَلَيْهِ اَجْرًا ۭ اِنْ هُوَ اِلَّا ذِكْرٰى
لِلْعٰلَمِيْنَ (90)

91 ਇਹਨਾਂ ਲੋਕਾਂ (ਕਾਫ਼ਿਰਾਂ) ਨੇ ਅੱਲਾਹ ਦੀ ਉਹ ਕਦਰ ਨਹੀਂ ਕੀਤੀ ਜਿਸ ਦਾ ਉਹ ਹੱਕਦਾਰ ਸੀ, ਜਦੋਂ ਉਹਨਾਂ ਨੇ ਇਹ ਕਿਹਾ ਕਿ ਅੱਲਾਹ ਨੇ ਕਿਸੇ ਮਨੁੱਖ ਉੱਤੇ ਕੋਈ ਵੀ ਚੀਜ਼ (ਕੁਰਆਨ) ਨਾਜ਼ਿਲ ਨਹੀਂ ਕੀਤੀ। (ਹੇ ਮੁਹੰਮਦ!) ਤੁਸੀਂ ਇਹਨਾਂ ਤੋਂ ਇਹ ਪੁੱਛੋ ਕਿ ਉਹ ਕਿਤਾਬ ਕਿਸ ਨੇ ਨਾਜ਼ਿਲ ਕੀਤੀ ਸੀ ਜਿਸ ਨੂੰ ਮੂਸਾ ਲਿਆਏ ਸੀ ਜਿਹੜੀ ਸਾਰੇ ਲੋਕਾਂ ਲਈ ਇਕ ਨੂਰ ਅਤੇ ਹਿਦਾਇਤ ਸੀ। ਜਿਸ (ਦੀਆਂ ਹਿਦਾਇਤਾਂ) ਨੂੰ

وَمَا قَدَرُوا اللّٰهَ حَقَّ قَدْرِهٖٓ اِذْ قَالُوْا مَآ اَنْزَلَ اللّٰهُ
عَلٰى بَشَرٍ مِّنْ شَيْءٍ ۭ قُلْ مَنْ اَنْزَلَ الْكِتٰبَ الَّذِيْ
جَآءَ بِهٖ مُوْسٰى نُوْرًا وَّهُدًى لِّلنَّاسِ تَجْعَلُوْنَهٗ
قَرَاطِيْسَ تُبْدُوْنَهَا وَتُخْفُوْنَ كَثِيْرًا ۚ وَعُلِّمْتُمْ
مَّا لَمْ تَعْلَمُوْٓا اَنْتُمْ وَلَآ اٰبَآؤُكُمْ ۭ قُلِ اللّٰهُ ۙ
ثُمَّ ذَرْهُمْ فِيْ خَوْضِهِمْ يَلْعَبُوْنَ (91)

ਤੁਸੀਂ (ਆਪਣੀ ਇੱਛਾ ਅਨੁਸਾਰ) ਵੱਖਰੇ-ਵੱਖਰੇ ਪਤਰਿਆਂ ਉੱਤੇ ਨਕਲ ਕਰਦੇ ਰਹੇ ਹੋ। ਇਹਨਾਂ ਵਿੱਚੋਂ ਕੁੱਝ ਹੁਕਮਾਂ ਨੂੰ ਸਾਹਮਣੇ ਲਿਆਉਂਦੇ ਹੋ ਅਤੇ ਕੁੱਝ ਨੂੰ ਲੁਕਾ ਲੈਂਦੇ ਹੋ (ਉਸ ਕਿਤਾਬ ਤੌਰੈਤ ਰਾਹੀਂ) ਤੁਹਾਨੂੰ ਉਹ ਗਿਆਨ ਦਿੱਤਾ ਗਿਆ ਜਿਹੜਾ ਨਾ ਤੁਹਾਡੇ ਕੋਲ ਸੀ ਅਤੇ ਨਾ ਹੀ ਤੁਹਾਡੇ ਪਿਉ ਦਾਦਿਆਂ ਨੂੰ ਹੀ ਸੀ। ਸੋ (ਹੇ ਨਬੀ!) ਤੁਸੀਂ ਆਖ ਦਿਓ ਕਿ ਉਹ (ਤੌਰੈਤ ਦਾ ਗਿਆਨ) ਅੱਲਾਹ ਨੇ ਹੀ ਉਤਾਰਿਆ ਸੀ। ਫੇਰ ਇਹਨਾਂ ਨੂੰ (ਇਹਨਾਂ ਦੇ ਹਾਲ 'ਤੇ) ਛੱਡ ਦਿਓ, ਉਹ ਆਪਣੀਆਂ ਦਲੀਲ ਬਾਜ਼ੀਆਂ ਵਿਚ ਖੇਡਦੇ ਰਹਿਣ।

92. ਇਹ ਕਿਤਾਬ (ਕੁਰਆਨ) ਨੂੰ ਅਸੀਂ ਉਤਾਰਿਆ ਹੈ, ਜਿਹੜੀ ਬਹੁਤ ਹੀ ਬਰਕਤਾਂ ਵਾਲੀ ਹੈ ਅਤੇ ਆਪਣੇ ਤੋਂ ਪਹਿਲੀਆਂ (ਕਿਤਾਬਾਂ) ਦੀ ਪੁਸ਼ਟੀ ਕਰਦੀ ਹੈ। ਤਾਂ ਜੋ ਤੁਸੀਂ ਇਸ ਦੁਆਰਾ ਮੱਕੇ ਵਾਲਿਆਂ ਨੂੰ ਅਤੇ ਆਲੇ-ਦੁਆਲੇ ਦੇ ਲੋਕਾਂ ਨੂੰ ਡਰਾਓ। ਜਿਹੜੇ ਲੋਕੀ ਆਖ਼ਿਰਤ ਉੱਤੇ ਵਿਸ਼ਵਾਸ ਰੱਖਦੇ ਹਨ ਅਜਿਹੇ ਲੋਕ ਹੀ ਇਸ (ਕੁਰਆਨ) ਉੱਤੇ ਈਮਾਨ ਰੱਖਦੇ ਹਨ ਅਤੇ ਆਪਣੀਆਂ ਨਮਾਜ਼ਾਂ ਦੀ ਰਖਵਾਲੀ ਕਰਦੇ ਹਨ।

وَهٰذَا كِتٰبٌ اَنْزَلْنٰهُ مُبٰرَكٌ مُّصَدِّقُ الَّذِيْ بَيْنَ يَدَيْهِ
وَلِتُنْذِرَ اُمَّ الْقُرٰى وَمَنْ حَوْلَهَا ۭ وَالَّذِيْنَ يُؤْمِنُوْنَ
بِالْاٰخِرَةِ يُؤْمِنُوْنَ بِهٖ وَهُمْ عَلٰي صَلَاتِهِمْ يُحَافِظُوْنَ ﴿٩٢﴾

93. ਉਸ ਵਿਅਕਤੀ ਤੋਂ ਵੱਧ ਜ਼ਾਲਮ ਕੌਣ ਹੋਵੇਗਾ ਜਿਹੜਾ ਅੱਲਾਹ ਉੱਤੇ ਝੂਠੀ ਊਜ ਲਾਵੇ ਜਾਂ ਇਹ ਕਹੇ ਕਿ ਮੇਰੇ ਉੱਤੇ ਵੀ ਵਹੀ ਨਾਜ਼ਿਲ ਕੀਤੀ ਜਾਂਦੀ ਹੈ, ਜਦੋਂ ਕਿ ਉਸ ਵੱਲ ਰੱਬ ਵੱਲੋਂ ਕੋਈ ਵੀ ਵਹੀ ਨਾਜ਼ਿਲ ਨਹੀਂ ਹੋਈ ਜਾਂ ਜਿਹੜਾ ਵਿਅਕਤੀ ਇਹ ਕਹੇ ਕਿ ਜਿਹੋ ਜਿਹਾ ਕਲਾਮ ਅੱਲਾਹ ਨੇ

وَمَنْ اَظْلَمُ مِمَّنِ افْتَرٰي عَلَي اللّٰهِ كَذِبًا اَوْ قَالَ اُوْحِيَ
اِلَيَّ وَلَمْ يُوْحَ اِلَيْهِ شَيْءٌ وَّمَنْ قَالَ سَاُنْزِلُ مِثْلَ
مَآ اَنْزَلَ اللّٰهُ ۭ وَلَوْ تَرٰٓي اِذِ الظّٰلِمُوْنَ فِيْ غَمَرٰتِ
الْمَوْتِ وَالْمَلٰۗىِٕكَةُ بَاسِطُوْٓا اَيْدِيْهِمْ ۚ اَخْرِجُوْٓا

أَنفُسَكُمُ ۖ ٱلْيَوْمَ تُجْزَوْنَ عَذَابَ ٱلْهُونِ بِمَا كُنتُمْ
تَقُولُونَ عَلَى ٱللَّهِ غَيْرَ ٱلْحَقِّ وَكُنتُمْ عَنْ ءَايَٰتِهِۦ
تَسْتَكْبِرُونَ ﴿٩٣﴾

ਉਤਾਰਿਆ ਹੈ ਮੈਂ ਵੀ ਇਸੇ ਪ੍ਰਕਾਰ ਦਾ ਲਿਆ ਸਕਦਾ ਹਾਂ। ਜਦੋਂ ਤੁਸੀਂ ਇਹਨਾਂ ਜ਼ਾਲਮਾਂ ਨੂੰ ਮੌਤ ਦੀਆਂ ਸਖ਼ਤੀਆਂ ਵਿਚ ਗਿਰਫ਼ਤਾਰ ਵੇਖੋਗੇ ਅਤੇ ਫ਼ਰਿਸ਼ਤੇ ਇਹ ਕਹਿੰਦੇ ਹੋਏ ਆਪਣੇ ਹੱਥ ਵਧਾ ਰਹੇ ਹੋਣਗੇ ਕਿ ਕੱਢੋ ਆਪਣੀਆਂ ਜਾਨਾਂ, ਅੱਜ ਤੁਹਾਨੂੰ ਜ਼ਲੀਲ ਕਰਨ ਵਾਲੀ ਸਜ਼ਾ ਦਿੱਤੀ ਜਾਵੇਗੀ[1] ਕਿਉਂ ਜੋ ਤੁਸੀਂ ਅੱਲਾਹ 'ਤੇ ਝੂਠਾਂ ਲਾਕੇ ਅਣ-ਹੋਣੀਆਂ ਗੱਲਾਂ ਘੜ੍ਹਦੇ ਸੀ ਅਤੇ ਉਸ ਦੀਆਂ ਆਇਤਾਂ ਤੋਂ ਤਕੱਬਰ (ਘਮੰਡ ਵਿਚ ਆ ਕੇ ਇਨਕਾਰ) ਕਰਦੇ ਸੀ।

---

1 ਇਸ ਤੋਂ ਅਜ਼ਾਬੇ ਕਬਰ ਹੋਣਾ ਸਿੱਧ ਹੁੰਦਾ ਹੈ ਜਿਹੜਾ ਹੱਕ ਸੱਚ 'ਤੇ ਆਧਾਰਿਤ ਹੈ। ਇਸੇ ਤਰ੍ਹਾਂ ਸੂਰਤ ਮੋਮਿਨ ਦੀ 45, 46 ਆਇਤ ਤੋਂ ਵੀ ਇਸ ਦਾ ਸਬੂਤ ਮਿਲਦਾ ਹੈ। ਜਿਸ ਵਿਚ ਆਲੇ-ਫ਼ਿਰਔਨ ਦੇ ਅਜ਼ਾਬ ਦੀ ਗੱਲ ਕੀਤੀ ਗਈ ਹੈ। ਅੱਲਾਹ ਦਾ ਫ਼ਰਮਾਨ ਹੈ ਅਤੇ ਆਲੇ ਫ਼ਿਰਔਨ ਨੂੰ ਬਹੁਤ ਹੀ ਭੈੜਾ ਦਰਦਨਾਕ ਅਜ਼ਾਬ ਘੇਰੇ ਵਿਚ ਲੈ ਲਵੇਗਾ। ਜਿਸ ਦੇ ਸਾਹਮਣੇ ਸਵੇਰੇ ਸ਼ਾਮ ਉਹ ਲਿਆਏ ਜਾਣਗੇ ਅਤੇ ਜਿਸ ਦਿਨ ਕਿਆਮਤ ਕਾਇਮ ਹੋਵੇਗੀ ਤਾਂ ਹੁਕਮ ਦਿੱਤਾ ਜਾਵੇਗਾ ਕਿ ਫ਼ਿਰਔਨ ਦੇ ਸਾਥੀਆਂ ਨੂੰ ਕਰੜੇ ਅਜ਼ਾਬ ਵਿਚ ਸੁੱਟ ਦਿਓ ਇਹ ਆਇਤ ਕਬਰ ਦੇ ਅਜ਼ਾਬ ਦੀ ਖੁੱਲ੍ਹੀ ਦਲੀਲ ਹੈ। ਇਕ ਦੂਜੀ ਹਦੀਸ ਵਿਚ ਇਸ ਨੂੰ ਵਿਸਥਾਰ ਨਾਲ ਦੱਸਿਆ ਗਿਆ ਹੈ ਕਿ ਨਬੀ ਕਰੀਮ (ਸ:) ਨੇ ਫ਼ਰਮਾਇਆ, ਜਦੋਂ ਮੋਮਿਨ ਨੂੰ ਦਫ਼ਨ ਕਰਨ ਤੋਂ ਬਾਅਦ ਕਬਰ ਵਿਚ ਬਿਠਾਇਆ ਜਾਂਦਾ ਹੈ ਤਾਂ ਉਸ ਦੇ ਕੋਲ ਇਕ ਫ਼ਰਿਸ਼ਤਾ ਆਉਂਦਾ ਹੈ ਫੇਰ ਉਹ ਗਵਾਹੀ ਦਿੰਦਾ ਹੈ ਕਿ ਅੱਲਾਹ ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ ਅਤੇ ਮੁਹੰਮਦ (ਸ:) ਅੱਲਾਹ ਦੇ ਰਸੂਲ ਹਨ ਅਤੇ ਕੁਰਆਨ ਦੀ ਇਹ ਆਇਤ ਅੱਲਾਹ ਈਮਾਨ ਵਾਲਿਆਂ ਨੂੰ ਪੱਕੀ ਗੱਲ ਦੁਆਰਾ ਦੁਨੀਆਂ ਤੇ ਆਖ਼ਿਰਤ ਵਿਚ ਪੱਕੇ ਜਮਾਈ ਰੱਖਦਾ ਹੈ। (ਸਹੀ ਬੁਖ਼ਾਰੀ, ਹਦੀਸ: 1369)

ਹਜ਼ਰਤ ਅਨਸ ਤੋਂ ਪਤਾ ਲੱਗਦਾ ਹੈ ਕਿ ਨਬੀ ਕਰੀਮ (ਸ:) ਨੇ ਫ਼ਰਮਾਇਆ ਕਿ ਲੋਕੀ ਮੁਰਦੇ ਨੂੰ ਦਫ਼ਨ ਕਰਕੇ ਜਦੋਂ ਵਾਪਸ ਆਉਂਦੇ ਹਨ ਤਾਂ ਉਹ ਉਹਨਾਂ ਦੇ ਪੈਰਾਂ ਦੀ ਆਵਾਜ਼ ਸੁਣਦਾ ਹੈ ਫੇਰ ਦੋ ਫ਼ਰਿਸ਼ਤੇ ਆਉਂਦੇ ਹਨ ਅਤੇ ਉਸ ਮੁਰਦੇ ਨੂੰ ਬਿਠਾ ਕੇ ਪੁੱਛਦੇ ਹਨ ਕਿ ਮੁਹੰਮਦ (ਸ:) ਦੇ ਪ੍ਰਤੀ ਤੂੰ ਦੁਨੀਆਂ ਵਿਚ ਕੀ ਕਿਹਾ ਕਰਦਾ ਸੀ ਤਾਂ ਉਹ ਜਵਾਬ ਵਿਚ ਕਹੇਗਾ, ਮੈਂ ਗਵਾਹੀ ਦਿੰਦਾ ਹਾਂ ਕਿ ਇਹ ਅੱਲਾਹ ਦੇ ਬੰਦੇ ਅਤੇ ਉਸ ਦੇ ਰਸੂਲ ਹਨ ਫੇਰ ਉਸ ਨੂੰ ਕਿਹਾ ਜਾਵੇਗਾ ਕਿ ਰਤਾ ਨਰਕ ਵਿਚ ਆਪਣੀ ਉਹ ਥਾਂ ਵੇਖ ਜਿਸ ਨੂੰ ਬਦਲ ਕੇ ਅੱਲਾਹ ਨੇ ਤੇਰਾ ਟਿਕਾਣਾ ਜੰਨਤ ਵਿਚ ਬਣਾ ਦਿੱਤਾ ਹੈ। ਫੇਰ ਨਬੀ (ਸ:) ਨੇ ਫ਼ਰਮਾਇਆ, ਉਹ ਮਰਨ ਵਾਲਾ ਦੋਵੇਂ ਟਿਕਾਣਿਆਂ ਨੂੰ ਵੇਖੇਗਾ ਪਰ ਜਿਹੜਾ ਕਾਫ਼ਿਰ ਹੋਵੇਗਾ ਉਹ ਫ਼ਰਿਸ਼ਤਿਆਂ ਨੂੰ ਕਹੇਗਾ ਮੈਂ ਇਸ ਵਿਅਕਤੀ (ਮੁਹੰਮਦ ਸ:) ਬਾਰੇ ਕੁੱਝ ਨਹੀਂ ਜਾਣਦਾ ਜੋ ਕੁੱਝ ਲੋਕੀ ਕਹਿੰਦੇ ਸੀ ਮੈਂਨੇ ਵੀ ਉਹੀ ਕਹਿ ਦਿੱਤਾ ਉਸ ਨੂੰ ਕਿਹਾ ਜਾਵੇਗਾ ਕਿ ਨਾ ਤੂੰ ਜਾਣਦਾ ਸੀ, ਅਤੇ ਨਾ ਹੀ ਕੁਰਆਨ ਤੋਂ ਹਿਦਾਇਤ ਲਈ, ਫੇਰ ਉਸ ਦੇ ਚਿਹਰੇ 'ਤੇ ਇੰਨੀ ਜ਼ੋਰ ਨਾਲ ਥੌੜੇ ਨਾਲ ਸੱਟ ਮਾਰੀ ਜਾਵੇਗੀ ਕਿ ਉਹ ਚੀਕਾਂ ਮਾਰੇਗਾ ਜਿਸ ਨੂੰ ਮਨੁੱਖਾਂ ਤੇ ਜਿੰਨਾਂ ਤੋਂ ਛੁੱਟ ਦੂਰ ਨੇੜੇ ਦੀ ਸਾਰੀ ਮਖ਼ਲੂਕ ਸੁਣੇਗੀ। (ਸਹੀ ਬੁਖ਼ਾਰੀ, ਹਦੀਸ: 1338)

94 ਅੱਜ ਤੁਸੀਂ ਸਾਡੇ ਕੋਲ ਉਸੇ ਤਰ੍ਹਾਂ ਇਕੱਲੇ-ਇਕੱਲੇ ਆਏ ਹੋ ਜਿਵੇਂ ਅਸੀਂ ਤੁਹਾਨੂੰ ਪਹਿਲੀ ਵਾਰ ਇਕੱਲਾ ਪੈਦਾ ਕੀਤਾ ਸੀ। ਜੋ ਕੁੱਝ ਅਸੀਂ ਤੁਹਾਨੂੰ (ਮਾਲ ਔਲਾਦ ਆਦਿ) ਦਿੱਤਾ ਸੀ ਉਸ ਨੂੰ ਆਪਣੇ ਪਿੱਛੇ ਛੱਡ ਆਏ ਹੋ। ਅੱਜ ਅਸੀਂ ਤੁਹਾਡੇ ਨਾਲ ਤੁਹਾਡੇ ਉਹਨਾਂ ਸਿਫ਼ਾਰਸ਼ੀਆਂ ਨੂੰ ਨਹੀਂ ਵੇਖਦੇ ਜਿਨ੍ਹਾਂ ਬਾਰੇ ਤੁਸੀਂ ਦਾਅਵਾ ਕਰਦੇ ਸੀ ਕਿ ਉਹ (ਤੁਹਾਡੀ ਬੰਦਗੀ ਵਿਚ) ਅੱਲਾਹ ਦੇ ਸ਼ਰੀਕ ਹਨ। ਅੱਜ ਤੁਹਾਡੇ ਸਾਰੇ ਆਪਸੀ ਸੰਪਰਕ ਟੁੱਟ ਗਏ ਹਨ। ਅੱਜ ਉਹ ਸਾਰੇ ਤੁਹਾਥੋਂ ਖੁੱਸ ਗਏ ਜਿਨ੍ਹਾਂ ਨੂੰ ਤੁਸੀਂ ਆਪਣਾ ਇਸ਼ਟ ਸਮਝਦੇ ਸੀ।

وَلَقَدْ جِئْتُمُونَا فُرَادَىٰ كَمَا خَلَقْنَاكُمْ أَوَّلَ مَرَّةٍ
وَتَرَكْتُم مَّا خَوَّلْنَاكُمْ وَرَاءَ ظُهُورِكُمْ ۖ وَمَا نَرَىٰ مَعَكُمْ
شُفَعَاءَكُمُ الَّذِينَ زَعَمْتُمْ أَنَّهُمْ فِيكُمْ شُرَكَاءُ ۚ
لَقَد تَّقَطَّعَ بَيْنَكُمْ وَضَلَّ عَنكُم مَّا كُنتُمْ
تَزْعُمُونَ ٩٤

95 ਬੇਸ਼ੱਕ ਅੱਲਾਹ ਹੀ ਦਾਣੇ ਅਤੇ ਗੁਠਲੀ ਨੂੰ ਫਾੜਨ ਵਾਲਾ ਹੈ। ਉਹ ਜਾਨਦਾਰ ਨੂੰ ਬੇਜਾਨ ਵਿਚੋਂ ਅਤੇ ਬੇਜਾਨ ਨੂੰ ਜਾਨਦਾਰ ਵਿੱਚੋਂ ਕੱਢਦਾ ਹੈ। ਇਹ ਹੈ ਅੱਲਾਹ, ਸਾਰੇ ਕੰਮ ਕਰਨ ਵਾਲਾ, ਸੋ ਤੁਸੀਂ ਕਿੱਧਰ ਭਟਕੇ ਫਿਰ ਰਹੇ ਹੋ।

إِنَّ اللَّهَ فَالِقُ الْحَبِّ وَالنَّوَىٰ ۖ يُخْرِجُ الْحَيَّ مِنَ
الْمَيِّتِ وَمُخْرِجُ الْمَيِّتِ مِنَ الْحَيِّ ۚ ذَٰلِكُمُ اللَّهُ ۖ فَأَنَّىٰ
تُؤْفَكُونَ ٩٥

96. ਉਹ ਸਵੇਰ ਦਾ ਚਾਨਣ (ਰਾਤ ਵਿੱਚੋਂ) ਕੱਢਦਾ ਹੈ। ਉਸੇ ਨੇ ਰਾਤ ਨੂੰ ਆਰਾਮ ਦਾ ਸਾਧਨ ਬਣਾਇਆ, ਸੂਰਜ ਤੇ ਚੰਨ ਨੂੰ ਸਮੇਂ ਦਾ ਇਕ ਹਿਸਾਬ ਰੱਖਣ ਦਾ ਸਾਧਨ ਬਣਾਇਆ। ਇਹ ਸਭ ਗੱਲਾਂ ਉਸੇ ਜ਼ੋਰਾਵਰ ਤੇ ਜਾਣਨਹਾਰ ਦੇ ਨਿਸ਼ਚਿਤ ਕੀਤੇ ਹੋਏ ਅਨੁਮਾਨ ਹਨ।

فَالِقُ الْإِصْبَاحِ وَجَعَلَ اللَّيْلَ سَكَنًا وَالشَّمْسَ
وَالْقَمَرَ حُسْبَانًا ۚ ذَٰلِكَ تَقْدِيرُ الْعَزِيزِ الْعَلِيمِ ٩٦

97. ਅਤੇ ਉਹੀਓ ਹੈ ਜਿਸ ਨੇ ਤੁਹਾਡੇ ਲਈ ਤਾਰੇ ਬਣਾਏ ਤਾਂ ਜੋ ਤੁਸੀਂ ਇਹਨਾਂ ਦੁਆਰਾ ਜਲ ਤੇ

وَهُوَ الَّذِي جَعَلَ لَكُمُ النُّجُومَ لِتَهْتَدُوا بِهَا فِي ظُلُمَاتِ
الْبَرِّ وَالْبَحْرِ ۗ قَدْ فَصَّلْنَا الْآيَاتِ لِقَوْمٍ يَعْلَمُونَ ٩٧

ਥਲਾਂ ਦੇ ਹਨੇਰਿਆਂ ਵਿਚ ਰਸਤਾ ਲਭ ਸਕੋ। ਬੇਸ਼ੱਕ ਅਸੀਂ ਸਾਰੀਆਂ ਆਇਤਾਂ (ਨਿਸ਼ਾਨੀਆਂ) ਗਿਆਨ ਰੱਖਣ ਵਾਲਿਆਂ ਲਈ ਵਿਸਥਾਰ ਨਾਲ ਬਿਆਨ ਕਰ ਦਿੱਤੀਆਂ ਹਨ।

98 ਉਹੀਓ ਹੈ ਜਿਸ ਨੇ ਤੁਹਾਨੂੰ ਇੱਕ ਜਾਨ ਤੋਂ ਪੈਦਾ ਕੀਤਾ ਫੇਰ ਹਰੇਕ ਲਈ ਇਕ ਥਾਂ ਰਹਿਣ ਵਾਲੀ (ਭਾਵ ਆਖ਼ਿਰਤ) ਹੈ ਅਤੇ ਦੂਜੀ ਥਾਂ ਅਮਾਨਤ ਵਜੋਂ (ਭਾਵ ਸੰਸਾਰ) ਹੈ। ਬੇਸ਼ੱਕ ਅਸੀਂ ਸਾਰੀਆਂ ਦਲੀਲਾਂ ਖੋਲ ਖੋਲ ਕੇ ਬਿਆਨ ਕਰਦੇ ਹਾਂ, ਉਹਨਾਂ ਲੋਕਾਂ ਲਈ, ਜਿਹੜੇ ਸੂਝ-ਬੂਝ ਰੱਖਦੇ ਹਨ।

وَهُوَ الَّذِيٓ اَنْشَاَكُمْ مِّنْ نَّفْسٍ وَّاحِدَةٍ فَمُسْتَقَرٌّ
وَّمُسْتَوْدَعٌ ۭ قَدْ فَصَّلْنَا الْاٰيٰتِ لِقَوْمٍ يَّفْقَهُوْنَ ﴿98﴾

99. ਉਹੀਓ ਹੈ ਜਿਸ ਨੇ ਅਕਾਸ਼ ਤੋਂ ਪਾਣੀ ਬਰਸਾਇਆ, ਉਸ ਦੁਆਰਾ ਅਸੀਂ ਹਰ ਪ੍ਰਕਾਰ ਦੀ ਪੈਦਾਵਾਰ ਉਗਾਈ, ਫੇਰ ਇਸੇ ਨਾਲ ਹਰੀਆਂ ਭਰੀਆਂ ਖੇਤੀਆਂ ਉਗਾਈਆਂ ਜਿਨ੍ਹਾਂ ਤੋਂ ਉੱਪਰ ਥੱਲੇ ਦਾਣੇ ਕੱਢਦੇ ਹਾਂ ਅਤੇ ਖਜੂਰ ਦੇ ਦਰਖ਼ਤਾਂ ਤੋਂ ਫਲਾਂ ਦੇ ਗੁੱਛੇ ਦੇ ਗੁੱਛੇ ਪੈਦਾ ਕੀਤੇ ਜਿਹੜੇ ਭਾਰ ਕਾਰਨ ਝੁਕ ਜਾਂਦੇ ਹਨ। ਅੰਗੂਰ, ਜ਼ੈਤੂਨ ਤੇ ਅਨਾਰ ਦੇ ਬਾਗ਼ ਲਾਏ ਜਿਨ੍ਹਾਂ ਦੇ ਫਲ ਇਕ ਦੂਜੇ ਨਾਲ ਰਲਦੇ-ਮਿਲਦੇ ਹਨ, ਪਰ ਹਰੇਕ ਦੀ ਵਿਸ਼ੇਸ਼ਤਾ

وَهُوَ الَّذِيْٓ اَنْزَلَ مِنَ السَّمَاۗءِ مَاۗءً ۚ فَاَخْرَجْنَا بِهٖ نَبَاتَ
كُلِّ شَيْءٍ فَاَخْرَجْنَا مِنْهُ خَضِرًا نُّخْرِجُ مِنْهُ حَبًّا
مُّتَرَاكِبًا ۚ وَمِنَ النَّخْلِ مِنْ طَلْعِهَا قِنْوَانٌ دَانِيَةٌ
وَّجَنّٰتٍ مِّنْ اَعْنَابٍ وَّالزَّيْتُوْنَ وَالرُّمَّانَ مُشْتَبِهًا
وَّغَيْرَ مُتَشَابِهٍ ۭ اُنْظُرُوْٓا اِلٰى ثَمَرِهٖٓ اِذَآ اَثْمَرَ وَيَنْعِهٖ ۭ
اِنَّ فِيْ ذٰلِكُمْ لَاٰيٰتٍ لِّقَوْمٍ يُّؤْمِنُوْنَ ﴿99﴾

[1] ਹਜ਼ਰਤ ਕਤਾਦਾਹ ਫ਼ਰਮਾਉਂਦੇ ਹਨ ਕਿ ਤਾਰੇ ਬਣਾਉਣ ਦੇ ਤਿੰਨ ਲਾਭ ਹਨ (1) ਅਕਾਸ਼ੀ ਦੁਨੀਆਂ ਨੂੰ ਸਜਾਉਣਾ (2) ਇਹਨਾਂ ਦੁਆਰਾ ਸ਼ੈਤਾਨਾਂ ਨੂੰ ਮਾਰ ਕੇ ਭਜਾਉਣਾ (3, ਇਹਨਾਂ ਦੁਆਰਾ ਮੁਸਾਫ਼ਰਾਂ ਨੂੰ ਰਾਤ ਦੇ ਸਮੇਂ ਆਪਣੀ ਰਾਹ ਦਾ ਪਤਾ ਲਗਾਉਣਾ ਇਹਨਾਂ ਤੋਂ ਇਲਾਵਾ ਜੇ ਕੋਈ ਇਸ ਆਇਤ ਦਾ ਕੋਈ ਹੋਰ ਅਰਥ ਕੱਢਦਾ ਹੈ ਤਾਂ ਉਹ ਗ਼ਲਤੀ 'ਤੇ ਹੈ ਅਤੇ ਆਪਣੀ ਮਿਹਨਤ ਨੂੰ ਬਰਬਾਦ ਕਰ ਰਿਹਾ ਹੈ ਅਤੇ ਅਜਿਹੀ ਚੀਜ਼ਾਂ ਦੀ ਭਾਲ ਕਰਦਾ ਹੈ ਜਿਸ ਦੁਆਰਾ ਉਹ ਆਪਣੇ ਆਪ ਨੂੰ ਕਠਨਾਈ ਵਿਚ ਪਾ ਰਿਹਾ ਹੈ। ਜਿਹੜੀਆਂ ਉਸ ਦੇ ਗਿਆਨ ਤੋਂ ਬਾਹਰ ਹਨ। (ਸਹੀ ਬੁਖ਼ਾਰੀ)

ਵੱਖੋ-ਵੱਖ ਹੈ। ਜਦੋਂ ਇਹ ਦਰਖ਼ਤ ਫਲ ਦੇਣ ਲੱਗਦੇ ਹਨ ਫੇਰ ਉਹਨਾਂ ਦੇ ਫਲ ਦੇਣ ਅਤੇ ਪੱਕਣ ਦੀ ਹਾਲਤ ਵੱਲ ਧਿਆਨ ਦਿਓ। ਇਹਨਾਂ ਵਿਚ ਦਲੀਲਾਂ ਹਨ ਉਹਨਾਂ ਲੋਕਾਂ ਲਈ ਜਿਹੜੇ ਈਮਾਨ ਰੱਖਦੇ ਹਨ।

وَجَعَلُوا لِلَّهِ شُرَكَاءَ الْجِنَّ وَخَلَقَهُمْ وَخَرَقُوا لَهُ بَنِينَ
وَبَنَاتٍ بِغَيْرِ عِلْمٍ سُبْحَانَهُ وَتَعَالَىٰ عَمَّا يَصِفُونَ ﴿١٠٠﴾

100. ਪਰ ਫੇਰ ਵੀ ਲੋਕਾਂ ਨੇ ਜਿੰਨਾਂ ਨੂੰ ਅੱਲਾਹ ਦਾ ਸ਼ਰੀਕ ਬਣਾ ਰੱਖਿਆ ਹੈ ਜਦੋਂ ਕਿ ਇਹਨਾਂ ਸਾਰਿਆਂ ਨੂੰ ਅੱਲਾਹ ਨੇ ਹੀ ਪੈਦਾ ਕੀਤਾ ਹੈ ਅਤੇ ਇਹਨਾਂ ਲੋਕਾਂ ਨੇ ਬਿਨਾਂ ਗਿਆਨ ਤੋਂ ਅੱਲਾਹ ਲਈ ਪੁੱਤਰ ਤੇ ਧੀਆਂ ਥਾਪ ਦਿੱਤੀਆਂ ਹਨ।[1] ਉਹ (ਅੱਲਾਹ) ਪਾਕ ਹੈ, ਉਹਨਾਂ ਸਾਰੀਆਂ ਗੱਲਾਂ ਤੋਂ ਉੱਚਾ ਹੈ ਜਿਹੜੀਆਂ ਉਹ ਕਰਦੇ ਹਨ।

بَدِيعُ السَّمَاوَاتِ وَالْأَرْضِ أَنَّىٰ يَكُونُ لَهُ وَلَدٌ وَلَمْ تَكُن
لَّهُ صَاحِبَةٌ وَخَلَقَ كُلَّ شَيْءٍ وَهُوَ بِكُلِّ
شَيْءٍ عَلِيمٌ ﴿١٠١﴾

101. ਉਹ ਅਕਾਸ਼ਾਂ ਤੇ ਧਰਤੀ ਦਾ ਰਚਣਹਾਰ ਹੈ। ਉਸ ਦੇ ਔਲਾਦ ਕਿਵੇਂ ਹੋ ਸਕਦੀ ਹੈ ਜਦ ਕਿ ਉਸ ਦੀ ਕੋਈ ਪਤਨੀ ਹੀ ਨਹੀਂ? ਉਹੀਓ ਹਰ ਚੀਜ਼ ਨੂੰ ਪੈਦਾ ਕਰਨ ਵਾਲਾ ਹੈ ਅਤੇ ਉਹ ਹਰ ਚੀਜ਼ ਨੂੰ ਭਲੀ-ਭਾਂਤ ਜਾਣਦਾ ਹੈ।

ذَٰلِكُمُ اللَّهُ رَبُّكُمْ لَا إِلَٰهَ إِلَّا هُوَ خَالِقُ كُلِّ شَيْءٍ
فَاعْبُدُوهُ وَهُوَ عَلَىٰ كُلِّ شَيْءٍ وَكِيلٌ ﴿١٠٢﴾

102. ਇਹ ਅੱਲਾਹ ਤੁਹਾਡਾ ਰੱਬ ਹੈ। ਇਸ ਤੋਂ ਛੁੱਟ ਹੋਰ ਕੋਈ ਇਬਾਦਤ ਦੇ ਯੋਗ ਨਹੀਂ ਹੈ। ਉਹ ਹਰ ਚੀਜ਼ ਦਾ ਪੈਦਾ ਕਰਨ ਵਾਲਾ ਹੈ, ਤੁਸੀਂ ਉਸੇ ਦੀ ਇਬਾਦਤ ਕਰੋ ਅਤੇ ਉਹੀਓ ਹਰ ਚੀਜ਼ ਦਾ ਨਿਗਰਾਨ ਹੈ।

---

[1] ਅੱਲਾਹ ਫ਼ਰਮਾਉਂਦਾ ਹੈ ਕਿ ਆਦਮ ਦੀ ਔਲਾਦ ਨੇ ਮੈਨੂੰ ਝੁਠਲਾਇਆ ਜਦ ਕਿ ਉਸ ਨੂੰ ਇਹ ਹੱਕ ਨਹੀਂ ਸੀ ਅਤੇ ਉਹ ਮੈਨੂੰ ਗਾਲ੍ਹਾਂ ਦਿੰਦਾ ਹੈ ਜਦ ਕਿ ਇਹ ਵੀ ਉਸ ਨੂੰ ਹੱਕ ਨਹੀਂ ਪਹੁੰਚਦਾ ਆਦਮ ਦੀ ਔਲਾਦ ਦਾ ਮੈਨੂੰ ਝੁਠਲਾਉਣਾ ਇਹ ਹੈ ਕਿ ਉਹ ਦੁਆਵਾਂ ਕਰਦਾ ਹੈ ਕਿ ਮੈਂ ਉਸ ਨੂੰ ਮੁੜ ਜਿਊਂਦਾ ਕਰਨ ਵਿਚ ਸਮਰਥ ਨਹੀਂ, ਜਿਵੇਂ ਮੈਂ ਉਸ ਨੂੰ ਪਹਿਲਾਂ ਪੈਦਾ ਕੀਤਾ ਸੀ ਅਤੇ ਉਸ ਦੀਆਂ ਗਾਲ੍ਹਾਂ ਇਹ ਹਨ ਕਿ ਉਹ ਕਹਿੰਦਾ ਹੈ ਕਿ ਮੇਰੇ ਔਲਾਦ ਹੈ ਜਦ ਕਿ ਮੈਂ ਇਹਨਾਂ ਗੱਲਾਂ ਤੋਂ ਪਾਕ ਹਾਂ। (ਸਹੀ ਬੁਖ਼ਾਰੀ, ਹਦੀਸ: 4482)

103. ਉਸ ਤਕ ਕਿਸੇ ਦੀਆਂ ਨਜ਼ਰਾਂ ਨਹੀਂ ਪਹੁੰਚ ਸਕਦੀਆਂ, ਪਰ ਉਹ (ਸਭ ਦੀਆਂ ਨਜ਼ਰਾਂ ਤੱਕ) ਪਹੁੰਚ ਰਖਦਾ ਹੈ। ਉਹ ਬਹੁਤ ਬਰੀਕੀ ਨਾਲ ਹਰ ਗੱਲ ਦੀ ਖ਼ਬਰ ਰੱਖਦਾ ਹੈ।

لَا تُدْرِكُهُ الْأَبْصَارُ وَهُوَ يُدْرِكُ الْأَبْصَارَ ۖ وَهُوَ اللَّطِيفُ الْخَبِيرُ ﴿١٠٣﴾

104. ਬੇਸ਼ੱਕ ਤੁਹਾਡੇ ਕੋਲ ਤੁਹਾਡੇ ਰੱਬ ਵੱਲੋਂ ਸੂੱਝ੍ਹੀਆਂ ਦਲੀਲਾਂ ਆ ਚੁੱਕੀਆਂ ਹਨ। ਜਿਹੜਾ ਸੂਝ-ਬੂਝ ਤੋਂ ਕੰਮ ਲਵੇਗਾ ਉਸ ਦਾ ਆਪਣਾ ਹੀ ਲਾਭ ਹੈ, ਪਰ ਜਿਹੜਾ (ਅਕਲੋਂ) ਅੰਨ੍ਹਾ ਬਣਿਆ ਰਿਹਾ ਉਸ ਦਾ ਆਪਣਾ ਹੀ ਨੁਕਸਾਨ ਹੈ। (ਹੇ ਮੁਹੰਮਦ!) ਤੁਸੀਂ ਆਖ ਦਿਓ ਕਿ ਮੈਂ ਤੁਹਾਡੇ ਉੱਤੇ ਨਿਗਰਾਨੀ ਕਰਨ ਵਾਲਾ ਨਹੀਂ। (ਮੈਂ ਤਾਂ ਤੁਹਾਨੂੰ ਖ਼ਬਰਦਾਰ ਕਰਨ ਲਈ ਆਇਆ ਹਾਂ)।

قَدْ جَاءَكُم بَصَائِرُ مِن رَّبِّكُمْ ۖ فَمَنْ أَبْصَرَ فَلِنَفْسِهِ ۖ وَمَنْ عَمِيَ فَعَلَيْهَا ۚ وَمَا أَنَا عَلَيْكُم بِحَفِيظٍ ﴿١٠٤﴾

105. ਇਸੇ ਪ੍ਰਕਾਰ ਅਸੀਂ ਆਪਣੀਆਂ ਆਇਤਾਂ ਘੜੀ-ਮੁੜੀ ਵੱਖੋ-ਵੱਖ ਢੰਗ ਨਾਲ ਬਿਆਨ ਕਰਦੇ ਹਾਂ ਤਾਂ ਜੋ ਕਾਫ਼ਿਰ ਆਖਣ ਕਿ ਤੁਸੀਂ (ਹੇ ਮੁਹੰਮਦ ਸ:!) ਕਿਸੇ ਤੋਂ ਪੜ੍ਹ ਕੇ ਆਏ ਹੋ ਅਤੇ ਜਿਹੜੇ ਲੋਕ ਗਿਆਨਵਾਨ ਹਨ ਅਸੀਂ ਉਹਨਾਂ ਉੱਤੇ (ਸੱਚਾਈ) ਪ੍ਰਗਟ ਕਰ ਦਈਏ।

وَكَذَٰلِكَ نُصَرِّفُ الْآيَاتِ وَلِيَقُولُوا دَرَسْتَ وَلِنُبَيِّنَهُ لِقَوْمٍ يَعْلَمُونَ ﴿١٠٥﴾

106. (ਹੇ ਨਬੀ!) ਤੁਸੀਂ ਇਸੇ ਵਹੀ ਦੀ ਪਾਲਣਾ ਕਰਦੇ ਰਹੋ ਜਿਹੜੀ ਤੁਹਾਡੇ ਵੱਲ ਤੁਹਾਡੇ ਰੱਬ ਵੱਲੋਂ ਆਈ ਹੈ। ਉਸ ਤੋਂ ਛੁੱਟ ਹੋਰ ਕੋਈ ਇਬਾਦਤ ਦੇ ਯੋਗ ਨਹੀਂ। ਮੁਸ਼ਰਿਕਾਂ ਵੱਲ ਉੱਕਾ ਹੀ ਧਿਆਨ ਨਾ ਦੇਵੋ।

اتَّبِعْ مَا أُوحِيَ إِلَيْكَ مِن رَّبِّكَ ۖ لَا إِلَٰهَ إِلَّا هُوَ ۖ وَأَعْرِضْ عَنِ الْمُشْرِكِينَ ﴿١٠٦﴾

107. ਜੇ ਅੱਲਾਹ ਚਾਹੁੰਦਾ ਤਾਂ ਇਹ ਸ਼ਿਰਕ ਨਾ ਕਰਦੇ ਅਤੇ ਅਸੀਂ ਤੁਹਾਨੂੰ ਇਹਨਾਂ ਦੀ ਨਿਗਰਾਨੀ ਕਰਨ ਲਈ ਨਹੀਂ ਭੇਜਿਆ ਅਤੇ ਨਾ ਹੀ ਤੁਸੀਂ ਇਹਨਾਂ ਦੇ ਜ਼ਿੰਮੇਵਾਰ ਹੋ।

وَلَوْ شَاءَ اللَّهُ مَا أَشْرَكُوا ۗ وَمَا جَعَلْنَاكَ عَلَيْهِمْ حَفِيظًا ۖ وَمَا أَنتَ عَلَيْهِم بِوَكِيلٍ ﴿١٠٧﴾

وَلَا تَسُبُّوا الَّذِينَ يَدْعُونَ مِنْ دُونِ اللَّهِ فَيَسُبُّوا
اللَّهَ عَدْوًا بِغَيْرِ عِلْمٍ كَذَٰلِكَ زَيَّنَّا لِكُلِّ أُمَّةٍ
عَمَلَهُمْ ثُمَّ إِلَىٰ رَبِّهِمْ مَرْجِعُهُمْ فَيُنَبِّئُهُمْ
بِمَا كَانُوا يَعْمَلُونَ ﴿١٠٨﴾

108 (ਹੇ ਮੁਸਲਮਾਨੋ!) ਮੁਸ਼ਰਿਕ ਲੋਕ ਅੱਲਾਹ ਨੂੰ ਛੱਡ ਕੇ ਜਿਨ੍ਹਾਂ ਦੀ ਪੂਜਾ ਕਰਦੇ ਹਨ, ਤੁਸੀਂ ਉਹਨਾਂ ਨੂੰ ਬੁਰਾ ਭਲਾ ਨਾ ਆਖੋ ਕਿਉਂ ਜੋ ਜਹਾਲਤ ਦੀਆਂ ਹੱਦਾਂ ਟੱਪਦੇ ਹੋਏ ਇਹ ਲੋਕ ਵੀ ਅੱਲਾਹ ਦੀ ਸ਼ਾਨ ਵਿਚ ਗੁਸਤਾਖ਼ੀਆਂ ਕਰਨਗੇ। ਅਸੀਂ ਇਸ ਪ੍ਰਕਾਰ ਹਰ ਉੱਮਤ (ਧਰਮ ਵਾਲਿਆਂ) ਲਈ ਉਹਨਾਂ ਦੇ ਕਰਮਾਂ ਵਿਚ ਖਿਚ ਪੈਦਾ ਕਰ ਛੱਡੀ ਹੈ। ਉਹਨਾਂ ਨੇ ਪਰਤ ਕੇ ਆਉਣਾ ਤਾਂ ਆਪਣੇ ਰੱਬ ਵੱਲ ਹੀ ਹੈ, ਫੇਰ ਉਹ ਉਹਨਾਂ ਨੂੰ ਦੱਸੇਗਾ ਕਿ ਉਹ (ਸੰਸਾਰ ਵਿਚ) ਕੀ ਕਰਦੇ ਸੀ?

وَأَقْسَمُوا بِاللَّهِ جَهْدَ أَيْمَانِهِمْ لَئِنْ جَاءَتْهُمْ آيَةٌ
لَيُؤْمِنُنَّ بِهَا قُلْ إِنَّمَا الْآيَاتُ عِنْدَ اللَّهِ
وَمَا يُشْعِرُكُمْ أَنَّهَا إِذَا جَاءَتْ لَا يُؤْمِنُونَ ﴿١٠٩﴾

109 ਉਹਨਾਂ ਲੋਕਾਂ ਨੇ ਪੱਕੀਆਂ ਕਸਮਾਂ ਅੱਲਾਹ ਦੇ ਨਾਂ ਦੀਆਂ ਖਾਦੀਆਂ ਕਿ ਜੇ ਉਹਨਾਂ ਕੋਲ ਕੋਈ ਨਿਸ਼ਾਨੀ (ਨਬੀ ਹੋਣ ਦੀ) ਆ ਜਾਵੇ ਤਾਂ ਉਹ ਜ਼ਰੂਰ ਹੀ ਈਮਾਨ ਲਿਆਉਣਗੇ। (ਹੇ ਨਬੀ!) ਤੁਸੀਂ ਆਖੋ ਕਿ ਨਿਸ਼ਾਨੀਆਂ ਤਾਂ ਸਾਰੀਆਂ ਅੱਲਾਹ ਦੇ ਕਬਜ਼ੇ ਵਿਚ ਹਨ, ਤੁਹਾਨੂੰ ਇਹ ਗੱਲ ਕੌਣ ਸਮਝਾਵੇ ਕਿ ਜਦੋਂ ਉਹ ਨਿਸ਼ਾਨੀ ਆ ਜਾਵੇਗੀ ਇਹ ਲੋਕ ਫੇਰ ਵੀ ਈਮਾਨ ਨਹੀਂ ਲਿਆਉਣਗੇ

وَنُقَلِّبُ أَفْئِدَتَهُمْ وَأَبْصَارَهُمْ كَمَا لَمْ يُؤْمِنُوا بِهِ أَوَّلَ
مَرَّةٍ وَنَذَرُهُمْ فِي طُغْيَانِهِمْ يَعْمَهُونَ ﴿١١٠﴾

110 ਅਸੀਂ ਉਸੇ ਤਰ੍ਹਾਂ ਇਹਨਾਂ ਦੇ ਦਿਲਾਂ ਨੂੰ ਅਤੇ ਇਹਨਾਂ ਦੀਆਂ ਨਜ਼ਰਾਂ ਨੂੰ ਫੇਰ ਦਿਆਂਗੇ ਜਿਸ ਤਰ੍ਹਾਂ ਇਹ ਪਹਿਲੀ ਵਾਰ ਇਸ (ਕ਼ੁਰਆਨ) 'ਤੇ ਈਮਾਨ ਨਹੀਂ ਲਿਆਏ ਸਨ। ਅਸੀਂ ਇਹਨਾਂ ਦੀ ਸਰਕਸ਼ੀ ਵਿਚ ਹੀ ਇਹਨਾਂ ਨੂੰ ਭਟਕਣ ਲਈ ਛੱਡ ਦੇਵਾਂਗੇ।

وَلَوْ أَنَّنَا نَزَّلْنَا إِلَيْهِمُ الْمَلَٰٓئِكَةَ وَكَلَّمَهُمُ
الْمَوْتَىٰ وَحَشَرْنَا عَلَيْهِمْ كُلَّ شَيْءٍ قُبُلًا مَّا
كَانُوا لِيُؤْمِنُوٓا إِلَّآ أَن يَشَآءَ اللَّهُ وَلَٰكِنَّ
أَكْثَرَهُمْ يَجْهَلُونَ ﴿١١١﴾

111. ਜੇਕਰ ਅਸੀਂ (ਅੱਲਾਹ) ਇਹਨਾਂ ਵੱਲ (ਕਾਫ਼ਿਰਾਂ ਦੀ ਮੰਗ 'ਤੇ) ਫ਼ਰਿਸ਼ਤੇ ਭੇਜ ਦਿੰਦੇ ਅਤੇ ਇਹਨਾਂ ਨਾਲ ਮੁਰਦੇ ਗੱਲਾਂ ਕਰਨ ਲਗ ਜਾਂਦੇ ਅਤੇ ਅਸੀਂ ਉਹ ਸਾਰੀਆਂ ਨਿਸ਼ਾਨੀਆਂ (ਜੋ ਉਹ ਮੰਗ ਕਰਦੇ ਹਨ) ਉਹਨਾਂ ਦੀਆਂ ਅੱਖਾਂ ਦੇ ਸਾਹਮਣੇ ਜਮਾਂ ਕਰ ਦਿੰਦੇ ਤਾਂ ਵੀ ਇਹ ਲੋਕ ਈਮਾਨ ਨਹੀਂ ਲਿਆਉਣਗੇ। ਹਾਂ! ਜੇ ਅੱਲਾਹ ਹੀ ਚਾਹਵੇ ਤਾਂ ਵੱਖਰੀ ਗੱਲ ਹੈ। ਪਰ ਇਹਨਾਂ ਵਿਚ ਬਹੁਤੇ ਲੋਕ ਤਾਂ ਨਾ-ਸਮਝੀ ਦੀਆਂ ਗੱਲਾਂ ਕਰਦੇ ਹਨ।

وَكَذَٰلِكَ جَعَلْنَا لِكُلِّ نَبِيٍّ عَدُوًّا شَيَٰطِينَ الْإِنسِ
وَالْجِنِّ يُوحِي بَعْضُهُمْ إِلَىٰ بَعْضٍ زُخْرُفَ الْقَوْلِ
غُرُورًا ۚ وَلَوْ شَآءَ رَبُّكَ مَا فَعَلُوهُ ۖ فَذَرْهُمْ
وَمَا يَفْتَرُونَ ﴿١١٢﴾

112. ਇਸੇ ਤਰ੍ਹਾਂ ਅਸੀਂ ਹਰ ਨਬੀ ਦੇ ਦੁਸ਼ਮਨ ਮਨੁੱਖਾਂ ਤੇ ਜਿੰਨਾਂ ਵਿੱਚੋਂ ਬਣਾਏ, ਜਿਹੜੇ ਇਕ ਦੂਜੇ ਦੇ ਕੰਨਾਂ ਵਿਚ ਸੋਹਣੀਆਂ ਜਾਪਣ ਵਾਲੀਆਂ ਗੱਲਾਂ ਪਾਉਂਦੇ ਰਹਿੰਦੇ ਹਨ, ਤਾਂ ਜੋ ਉਸ ਨੂੰ ਧੋਖੇ ਵਿਚ ਰੱਖਿਆ ਜਾ ਸਕੇ। (ਹੇ ਨਬੀ) ਜੇ ਅੱਲਾਹ ਚਾਹੁੰਦਾ ਤਾਂ ਇਹ ਅਜਿਹਾ ਨਾ ਕਰਦੇ। ਸੋ ਤੁਸੀਂ ਇਹਨਾਂ ਲੋਕਾਂ ਨੂੰ ਅਤੇ ਜੋ ਇਹ ਬੁਹਤਾਨ ਲਗਾ ਰਹੇ ਹਨ ਉਸ ਨੂੰ (ਉਹਨਾਂ ਦੇ ਹਾਲ 'ਤੇ) ਛੱਡ ਦਿਓ।

وَلِتَصْغَىٰٓ إِلَيْهِ أَفْـِٔدَةُ الَّذِينَ لَا يُؤْمِنُونَ
بِالْآخِرَةِ وَلِيَرْضَوْهُ وَلِيَقْتَرِفُوا مَا هُم
مُّقْتَرِفُونَ ﴿١١٣﴾

113. ਤਾਂ ਜੋ ਜਿਹੜੇ ਲੋਕ ਆਖ਼ਿਰਤ ਉੱਤੇ ਈਮਾਨ ਨਹੀਂ ਲਿਆਉਂਦੇ ਉਹਨਾਂ ਦੇ ਮਨ ਉਸ ਝੂਠ ਵੱਲ ਝੁਕ ਜਾਣ ਅਤੇ ਉਹ ਇਸ ਝੂਠ ਨੂੰ ਪਸੰਦ ਕਰਦੇ ਰਹਿਣ ਅਤੇ ਜਿਹੜੇ ਮੰਦੇ ਕੰਮ ਉਹ ਕਰ ਰਹੇ ਹਨ ਉਹ ਕਰਦੇ ਰਹਿਣ

أَفَغَيْرَ اللَّهِ أَبْتَغِي حَكَمًا وَهُوَ الَّذِيٓ أَنزَلَ إِلَيْكُمُ
الْكِتَٰبَ مُفَصَّلًا ۚ وَالَّذِينَ آتَيْنَٰهُمُ الْكِتَٰبَ
يَعْلَمُونَ أَنَّهُ مُنَزَّلٌ مِّن رَّبِّكَ بِالْحَقِّ ۖ فَلَا
تَكُونَنَّ مِنَ الْمُمْتَرِينَ ﴿١١٤﴾

114. (ਹੇ ਨਬੀ!) ਆਖੋ, ਕੀ ਮੈਂ ਅੱਲਾਹ ਤੋਂ ਛੁੱਟ ਕਿਸੇ ਹੋਰ ਹਾਕਮ ਦੀ ਭਾਲ ਕਰਾਂ? ਹਾਲਾਂ ਕਿ ਉਹੀਓ ਹੈ ਜਿਸ ਨੇ ਇਹ ਕਿਤਾਬ ਵਿਸਥਾਰ ਨਾਲ ਤੁਹਾਡੇ ਵੱਲ ਭੇਜੀ। ਜਿਨ੍ਹਾਂ ਲੋਕਾਂ ਨੂੰ ਅਸੀਂ ਕਿਤਾਬ ਦਿੱਤੀ ਹੈ ਉਹ ਇਸ ਗੱਲ ਨੂੰ ਯਕੀਨ ਨਾਲ ਜਾਣਦੇ ਹਨ ਕਿ ਇਹ ਤੁਹਾਡੇ ਰੱਬ ਵੱਲੋਂ ਹੱਕ ਸੱਚ

ਨਾਲ ਨਾਜ਼ਿਲ ਹੋਈ ਹੈ, ਸੋ ਤੁਸੀਂ ਸ਼ੱਕ ਕਰਨ ਵਾਲਿਆਂ ਵਿੱਚੋਂ ਨਾ ਹੋ ਜਾਇਓ।

115. ਤੁਹਾਡੇ ਰੱਬ ਦਾ ਕਲਾਮ ਸੱਚਾਈ ਤੇ ਇਨਸਾਫ਼ ਪੱਖੋਂ ਮੁੱਕਮਲ ਹੈ ਅਤੇ ਇਸ ਦੀਆਂ ਗੱਲਾਂ ਨੂੰ ਕੋਈ ਬਦਲਣ ਵਾਲਾ ਨਹੀਂ। ਉਹ ਭਲੀ-ਭਾਂਤ ਸੁਣਨ ਵਾਲਾ ਤੇ ਜਾਣਨ ਵਾਲਾ ਹੈ।

وَتَمَّتْ كَلِمَتُ رَبِّكَ صِدْقًا وَعَدْلًا ۚ لَا مُبَدِّلَ لِكَلِمَاتِهِ ۚ وَهُوَ السَّمِيعُ الْعَلِيمُ ﴿١١٥﴾

116. ਜੇ ਤੁਸੀਂ (ਹੇ ਨਬੀ!) ਧਰਤੀ 'ਤੇ ਵਸਣ ਵਾਲੀ ਬਹੁਗਿਣਤੀ ਦੇ ਆਖੇ ਲੱਗੋਗੇ ਤਾਂ ਉਹ ਤੁਹਾਨੂੰ ਰਾਹੇ ਬੇ ਰਾਹ ਕਰ ਦੇਵੇਗੀ। ਉਹ ਤਾਂ ਕੇਵਲ ਭਰਮਾਂ ਉੱਤੇ ਚਲਦੇ ਹਨ ਅਤੇ ਖ਼ਿਆਲੀ ਗੱਲਾਂ ਹੀ ਕਰਦੇ ਹਨ।

وَإِن تُطِعْ أَكْثَرَ مَن فِي الْأَرْضِ يُضِلُّوكَ عَن سَبِيلِ اللَّهِ ۚ إِن يَتَّبِعُونَ إِلَّا الظَّنَّ وَإِنْ هُمْ إِلَّا يَخْرُصُونَ ﴿١١٦﴾

117. (ਹਕੀਕਤ ਇਹ ਹੈ) ਕਿ ਤੁਹਾਡਾ ਰੱਬ ਉਸ ਵਿਅਕਤੀ ਨੂੰ ਚੰਗੀ ਤਰ੍ਹਾਂ ਜਾਣਦਾ ਹੈ ਜਿਹੜਾ ਉਸ ਦੀ ਰਾਹ ਤੋਂ ਬੇਰਾਹ ਹੋ ਜਾਂਦਾ ਹੈ ਅਤੇ ਉਹ ਹਿਦਾਇਤ ਵਾਲੇ ਲੋਕਾਂ ਨੂੰ ਵੀ ਜਾਣਦਾ ਹੈ (ਜਿਹੜੇ ਉਸ ਦੀ ਰਾਹ 'ਤੇ ਹੀ ਚਲਦੇ ਹਨ।)

إِنَّ رَبَّكَ هُوَ أَعْلَمُ مَن يَضِلُّ عَن سَبِيلِهِ ۖ وَهُوَ أَعْلَمُ بِالْمُهْتَدِينَ ﴿١١٧﴾

118. ਸੋ ਤੁਸੀਂ ਉਸ (ਜਾਨਵਰ) ਦਾ ਮਾਸ ਖਾਓ ਜਿਸ ਉੱਤੇ ਅੱਲਾਹ ਦਾ ਨਾਂ (ਜ਼ਿਬਹ ਕਰਨ ਸਮੇਂ) ਲਿਆ ਗਿਆ ਹੋਵੇ। ਜੇ ਤੁਸੀਂ ਉਸ ਦੇ ਹੁਕਮਾਂ ਨੂੰ ਮੰਨਦੇ ਹੋ।

فَكُلُوا مِمَّا ذُكِرَ اسْمُ اللَّهِ عَلَيْهِ إِن كُنتُم بِآيَاتِهِ مُؤْمِنِينَ ﴿١١٨﴾

119. ਕੀ ਕਾਰਨ ਹੈ ਕਿ ਤੁਸੀਂ ਉਸ ਜਾਨਵਰ ਦਾ (ਮਾਸ) ਨਹੀਂ ਖਾਂਦੇ ਜਿਸ 'ਤੇ ਅੱਲਾਹ ਦਾ ਨਾਂ ਲਿਆ ਗਿਆ ਹੈ। ਹਾਲਾਂ ਕਿ ਅੱਲਾਹ ਨੇ ਉਹਨਾਂ ਸਾਰੇ ਜਾਨਵਰਾਂ ਦੀ ਜਾਣਕਾਰੀ ਦੇ ਰਖੀ ਹੈ ਜਿਹੜੇ ਤੁਹਾਡੇ ਲਈ ਹਰਾਮ ਹਨ, ਪਰ ਜੇ ਸਖ਼ਤ ਮਜਬੂਰੀ ਦੀ ਗੱਲ ਹੋਵੇ ਤਾਂ ਉਹ (ਹਰਾਮ) ਵੀ ਹਲਾਲ (ਜਾਇਜ਼) ਹੈ ਅਤੇ ਇਹ ਵੀ ਗੱਲ ਲਾਜ਼ਮੀ ਹੈ ਕਿ ਲੋਕਾਂ ਦੀ ਬਹੁਗਿਣਤੀ ਆਪਣੀਆਂ ਇੱਛਾਵਾਂ ਕਾਰਨ ਬਿਨਾਂ ਕਿਸੇ ਦਲੀਲ ਤੋਂ ਦੂਜਿਆਂ ਨੂੰ ਗੁਮਰਾਹ ਕਰਦੇ ਹਨ। ਇਸ ਵਿਚ

وَمَا لَكُمْ أَلَّا تَأْكُلُوا مِمَّا ذُكِرَ اسْمُ اللَّهِ عَلَيْهِ وَقَدْ فَصَّلَ لَكُم مَّا حَرَّمَ عَلَيْكُمْ إِلَّا مَا اضْطُرِرْتُمْ إِلَيْهِ ۗ وَإِنَّ كَثِيرًا لَّيُضِلُّونَ بِأَهْوَائِهِم بِغَيْرِ عِلْمٍ ۗ إِنَّ رَبَّكَ هُوَ أَعْلَمُ بِالْمُعْتَدِينَ ﴿١١٩﴾

ਕੋਈ ਸ਼ੱਕ ਨਹੀਂ ਕਿ ਅੱਲਾਹ ਹੱਦਾਂ ਟੱਪਣ ਵਾਲਿਆਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

وَذَرُوا ظَاهِرَ الْإِثْمِ وَبَاطِنَهُ ۚ إِنَّ الَّذِينَ يَكْسِبُونَ الْإِثْمَ سَيُجْزَوْنَ بِمَا كَانُوا يَقْتَرِفُونَ ﴿١٢٠﴾

120. ਤੁਸੀਂ ਖੁੱਲ੍ਹੇ ਗੁਨਾਹਾਂ ਤੋਂ ਵੀ ਬਚੋ ਅਤੇ ਲੁਕਵੇਂ ਗੁਨਾਹਾਂ ਤੋਂ ਵੀ ਬਚੋ। ਬੇਸ਼ੱਕ ਜਿਹੜੇ ਲੋਕੀ ਗੁਨਾਹ ਕਰ ਰਹੇ ਹਨ ਉਹਨਾਂ ਨੂੰ ਉਹਨਾਂ ਦੇ ਕਰਮਾਂ ਦਾ ਬਦਲਾ ਜ਼ਰੂਰ ਮਿਲੇਗਾ।

وَلَا تَأْكُلُوا مِمَّا لَمْ يُذْكَرِ اسْمُ اللَّهِ عَلَيْهِ وَإِنَّهُ لَفِسْقٌ ۗ وَإِنَّ الشَّيَاطِينَ لَيُوحُونَ إِلَىٰ أَوْلِيَائِهِمْ لِيُجَادِلُوكُمْ ۖ وَإِنْ أَطَعْتُمُوهُمْ إِنَّكُمْ لَمُشْرِكُونَ ﴿١٢١﴾

121. ਅਜਿਹੇ ਜਾਨਵਰ ਨਾ ਖਾਓ ਜਿਨ੍ਹਾਂ ਉੱਤੇ (ਜ਼ਿਬਹ ਕਰਦੇ ਹੋਏ) ਅੱਲਾਹ ਦਾ ਨਾਂ ਨਹੀਂ ਲਿਆ ਗਿਆ, ਇਹ ਕੰਮ ਨਾ-ਫ਼ਰਮਾਨੀ ਵਾਲਾ ਹੈ ਅਤੇ ਸ਼ੈਤਾਨ ਆਪਣੇ ਸਾਥੀਆਂ ਦੇ ਮਨਾਂ ਵਿਚ ਸ਼ੰਕਾ ਪਾਉਂਦਾ ਹੈ ਤਾਂ ਜੋ ਇਹ ਤੁਹਾਡੇ ਨਾਲ ਝਗੜਨ। (ਹੇ ਨਬੀ!) ਜੇ ਤੁਸੀਂ ਇਹਨਾਂ ਲੋਕਾਂ ਦੀ ਪੈਰਵੀ ਕਰੋਗੇ ਤਾਂ ਤੁਸੀਂ ਵੀ ਮੁਸ਼ਰਿਕ ਬਣ ਜਾਓਗੇ।[1]

أَوَمَنْ كَانَ مَيْتًا فَأَحْيَيْنَاهُ وَجَعَلْنَا لَهُ نُورًا يَمْشِي بِهِ فِي النَّاسِ كَمَنْ مَثَلُهُ فِي الظُّلُمَاتِ لَيْسَ بِخَارِجٍ مِنْهَا ۚ كَذَٰلِكَ زُيِّنَ لِلْكَافِرِينَ مَا كَانُوا يَعْمَلُونَ ﴿١٢٢﴾

122. ਉਹ ਵਿਅਕਤੀ ਜਿਹੜਾ ਪਹਿਲਾਂ ਮੁਰਦਾ (ਭਾਵ ਈਮਾਨ ਤੋਂ ਖ਼ਾਲੀ) ਸੀ ਫੇਰ ਅਸੀਂ ਉਸ ਨੂੰ (ਈਮਾਨ ਬਖ਼ਸ਼ ਕੇ) ਜਿਊਂਦਾ ਕਰ ਦਿੱਤਾ ਅਤੇ ਉਸ ਨੂੰ ਅਜਿਹਾ ਨੂਰ (ਈਮਾਨ) ਦਿੱਤਾ ਜਿਸ ਦੀ ਰੌਸ਼ਨੀ ਵਿਚ ਲੋਕਾਂ ਵਿਚਾਲੇ ਤੁਰਦਾ ਫਿਰਦਾ ਹੈ, ਕੀ ਉਹ ਉਸ ਵਿਅਕਤੀ ਵਾਂਗ ਹੋ ਸਕਦਾ ਹੈ ਜਿਹੜਾ ਹਨੇਰਿਆਂ ਵਿਚ ਫਸਿਆ ਹੋਇਆ ਹੈ ਅਤੇ

[1] ਇਸ ਤੋਂ ਭਾਵ ਉਹ ਅੰਨ੍ਹੀ ਪੈਰਵੀ ਹੈ ਜਿਸ ਵਿਚ ਇਕਰਾਰ ਦੇ ਬਾਵਜੂਦ ਇਨਸਾਨ ਠੋਸ ਅਤੇ ਦਲੀਲਾਂ ਨੂੰ ਨਹੀਂ ਵੇਖਦਾ ਸਗੋਂ ਆਪਣੇ ਬਜ਼ੁਰਗਾਂ ਨੂੰ ਅਤੇ ਉਹਨਾਂ ਦੀਆਂ ਗੱਲਾਂ ਨੂੰ ਹੀ ਸਹੀ ਸਮਝਦਾ ਹੈ ਇਸੇ ਨੂੰ ਸ਼ਿਰਕ ਕਿਹਾ ਜਾਂਦਾ ਹੈ। ਹਦੀਸ ਹੈ ਕਿ ਹਜ਼ਰਤ ਅਦੀ ਬਿਨ ਹਾਤਿਮ (ਰਜ਼ਿ:) ਅੱਲਾਹ ਦੇ ਰਸੂਲ (ਸ:) ਕੋਲ ਆਏ ਤਾਂ ਉਹਨਾਂ ਦੇ ਗਲੇ ਵਿਚ ਸੋਨੇ ਦੀ ਸਲੀਬ ਸੀ। ਆਪ (ਸ:) ਨੇ ਉਹਨਾਂ ਨੂੰ ਕਿਹਾ, ਹੇ ਅਦੀ! ਇਸ ਬੁੱਤ ਨੂੰ ਸੁੱਟ ਦਿਓ ਅਤੇ ਫੇਰ ਆਪ (ਸ:) ਸੂਰਤ ਬਰਾਅਤ ਦੀ ਇਹ ਆਇਤ ਸੁਣਾਈ ਕਿ ਉਹਨਾਂ ਯਹੂਦੀ ਤੇ ਈਸਾਈਆਂ ਨੇ ਆਪਣੇ ਵਿਦਵਾਨਾਂ ਤੇ ਦਰਵੇਸ਼ਾਂ ਨੂੰ ਆਪਣਾ ਰੱਬ ਬਣਾ ਲਿਆ ਸੀ। ਆਪ (ਸ:) ਨੇ ਫ਼ਰਮਾਇਆ ਕਿ ਬੇਸ਼ੱਕ ਉਹ ਉਹਨਾਂ ਨੂੰ ਪੂਜਦੇ ਨਹੀਂ ਸੀ ਪਰ ਉਹਨਾਂ ਦੇ ਵਿਦਵਾਨ ਜਿਸ ਨੂੰ ਹਲਾਲ ਕਹਿ ਦਿੰਦੇ ਉਹ ਹਲਾਲ ਸਮਝਦੇ ਸੀ ਅਤੇ ਜਿਸ ਚੀਜ਼ ਨੂੰ ਹਰਾਮ ਕਹਿੰਦੇ ਸੀ ਉਸ ਨੂੰ ਹਰਾਮ ਸਮਝਦੇ ਸੀ। ਭਾਵ ਅੰਨ੍ਹੀ ਪੈਰਵੀ ਅਤੇ ਆਸਥਾ ਨੂੰ ਨਬੀ (ਸ:) ਨੇ ਆਪਣੇ ਧਾਰਮਿਕ ਆਗੂਆਂ ਦੀ ਇਬਾਦਤ ਕਿਹਾ ਹੈ। (ਜਾਮੇ ਤਿਰਮਜ਼ੀ, ਹਦੀਸ 3095)

ਜਿਹਨਾਂ ਵਿੱਚੋਂ ਨਿੱਕਲ ਵੀ ਨਹੀਂ ਸਕਦਾ? ਇਸੇ ਪ੍ਰਕਾਰ ਕਾਫ਼ਿਰਾਂ ਲਈ ਉਹਨਾਂ ਦੀਆਂ ਕਰਤੂਤਾਂ ਵਿਚ ਖਿੱਚ ਪੈਦਾ ਕਰ ਦਿੱਤੀ ਗਈ ਹੈ।

وَكَذَٰلِكَ جَعَلْنَا فِي كُلِّ قَرْيَةٍ أَكَابِرَ مُجْرِمِيهَا لِيَمْكُرُوا فِيهَا ۖ وَمَا يَمْكُرُونَ إِلَّا بِأَنفُسِهِمْ وَمَا يَشْعُرُونَ ﴿١٢٣﴾

123. ਇਸੇ ਤਰ੍ਹਾਂ ਅਸੀਂ ਹਰੇਕ ਬਸਤੀ ਵਿਚ ਉਸ ਦੇ ਵੱਡੇ ਵੱਡੇ ਅਪਰਾਧੀਆਂ ਨੂੰ ਉਸ ਬਸਤੀ ਵਿਚ ਆਪਣੇ ਛਲ ਕਪਟ ਦਾ ਜਾਲ ਫੈਲਾਉਣ ਲਈ ਛੱਡਿਆ ਹੋਇਆ ਹੈ। ਅਸਲ ਵਿਚ ਉਹ ਆਪਣੇ ਕਪਟ ਦੇ ਜਾਲ ਵਿਚ ਆਪ ਹੀ ਫਸਦੇ ਹਨ ਪਰ ਉਹਨਾਂ ਨੂੰ ਇਸ ਦੀ ਸਮਝ ਹੀ ਨਹੀਂ।

وَإِذَا جَاءَتْهُمْ آيَةٌ قَالُوا لَن نُّؤْمِنَ حَتَّىٰ نُؤْتَىٰ مِثْلَ مَا أُوتِيَ رُسُلُ اللَّهِ ۘ اللَّهُ أَعْلَمُ حَيْثُ يَجْعَلُ رِسَالَتَهُ ۗ سَيُصِيبُ الَّذِينَ أَجْرَمُوا صَغَارٌ عِندَ اللَّهِ وَعَذَابٌ شَدِيدٌ بِمَا كَانُوا يَمْكُرُونَ ﴿١٢٤﴾

124. ਜਦੋਂ ਉਹਨਾਂ ਕੋਲ ਕੋਈ ਆਇਤ (ਨਿਸ਼ਾਨੀ) ਆਉਂਦੀ ਹੈ ਤਾਂ ਇਹ ਕਹਿੰਦੇ ਹਨ ਕਿ ਅਸੀਂ ਉੱਕਾ ਹੀ ਈਮਾਨ ਨਹੀਂ ਲਿਆਉਂਦੇ ਜਦੋਂ ਤੀਕ ਸਾਨੂੰ ਵੀ ਅਜਿਹੀ ਚੀਜ਼ ਨਾ ਦਿੱਤੀ ਜਾਵੇ ਜਿਹੜੀ ਰਸੂਲਾਂ ਨੂੰ ਦਿੱਤੀ ਗਈ ਹੈ। ਇਹ ਗੱਲ ਤਾਂ ਅੱਲਾਹ ਹੀ ਜਾਣਦਾ ਹੈ ਕਿ ਆਪਣੀ ਪੈਗ਼ੰਬਰੀ ਦਾ ਕੰਮ ਕਿਸ ਤੋਂ ਲਵੇ। ਛੇਤੀ ਹੀ ਉਹ ਅਪਰਾਧੀ ਲੋਕ ਅੱਲਾਹ ਕੋਲ ਜਾ ਕੇ ਜ਼ਲੀਲ ਹੋਣਗੇ ਅਤੇ ਉਹਨਾਂ ਦੀਆਂ ਚਾਲਾਂ ਦੇ ਬਦਲੇ ਵਿਚ ਜੋ ਉਹ ਕਰਦੇ ਸਨ ਕਰੜੀ ਸਜ਼ਾ ਮਿਲੇਗੀ।

فَمَن يُرِدِ اللَّهُ أَن يَهْدِيَهُ يَشْرَحْ صَدْرَهُ لِلْإِسْلَامِ ۖ وَمَن يُرِدْ أَن يُضِلَّهُ يَجْعَلْ صَدْرَهُ ضَيِّقًا حَرَجًا كَأَنَّمَا يَصَّعَّدُ فِي السَّمَاءِ ۚ كَذَٰلِكَ يَجْعَلُ اللَّهُ الرِّجْسَ عَلَى الَّذِينَ لَا يُؤْمِنُونَ ﴿١٢٥﴾

125 ਸੋ ਜਿਸ ਵਿਅਕਤੀ ਨੂੰ ਅੱਲਾਹ ਨੇ ਰਾਹ 'ਤੇ ਪਾਉਣਾ ਹੁੰਦਾ ਹੈ ਉਸ ਦਾ ਸੀਨਾ (ਦਿਲ) ਇਸਲਾਮ ਲਈ ਖੋਲ੍ਹ ਦਿੰਦਾ ਹੈ ਅਤੇ ਜਿਸ ਨੂੰ ਬੇਰਾਹ ਕਰਨਾ ਹੁੰਦਾ ਹੈ ਉਸ ਦੇ ਸੀਨੇ ਨੂੰ ਤੰਗ ਕਰ ਦਿੰਦਾ ਹੈ। ਜਿਵੇਂ ਕੋਈ ਅਕਾਸ਼ ਵੱਲ ਚੜ੍ਹਦਾ ਹੋਵੇ (ਭਾਵ ਦਮ ਘੁਟਣ ਕਾਰਨ ਮਰ ਰਿਹਾ ਹੋਵੇ)। ਇਸ ਤਰ੍ਹਾਂ

---

1 ਇਸੇ ਗੱਲ ਨੂੰ ਹਦੀਸ ਵਿਚ ਕਿਹਾ ਗਿਆ ਹੈ ਕਿ ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਜਿਸ ਕਿਸੇ ਨਾਲ ਅੱਲਾਹ ਭਲਾਈ ਕਰਨਾ ਚਾਹੁੰਦਾ ਹੈ ਉਸ ਨੂੰ ਕੁਰਆਨ ਤੇ ਦੀਨ ਦੀ ਸਮਝ ਬਖ਼ਸ਼ ਦਿੰਦਾ ਹੈ। (ਸਹੀ ਬੁਖ਼ਾਰੀ, ਹਦੀਸ: 71)

ਅੱਲਾਹ ਈਮਾਨ ਨਾ ਲਿਆਉਣ ਵਾਲਿਆਂ ਉੱਤੇ (ਗੁਮਰਾਹੀ ਦੀ) ਗੰਦਗੀ ਸੁੱਟ ਦਿੰਦਾ ਹੈ।

126. ਇਹੋ ਤੇਰੇ ਰੱਬ ਦਾ ਸਿੱਧਾ ਰਾਹ ਹੈ। ਨਸੀਹਤ ਲੈਣ ਵਾਲਿਆਂ ਲਈ ਅਸੀਂ ਇਹਨਾਂ (ਕੁਰਆਨ ਦੀਆਂ) ਆਇਤਾਂ ਨੂੰ ਖੋਲ੍ਹ-ਖੋਲ੍ਹ ਕੇ ਬਿਆਨ ਕਰਦੇ ਹਾਂ।

وَهٰذَا صِرَاطُ رَبِّكَ مُسْتَقِيمًا ۗ قَدْ فَصَّلْنَا الْاٰيٰتِ لِقَوْمٍ يَّذَّكَّرُوْنَ ﴿١٢٦﴾

127. ਉਹਨਾਂ (ਈਮਾਨ ਲਿਆਉਣ ਵਾਲੇ) ਲੋਕਾਂ ਲਈ ਉਹਨਾਂ ਦੇ ਰੱਬ ਦੇ ਕੋਲ ਸਲਾਮਤੀ ਵਾਲਾ ਘਰ (ਸਵਰਗ) ਹੈ। ਅੱਲਾਹ ਨੂੰ ਉਹਨਾਂ ਨਾਲ ਉਹਨਾਂ ਦੇ ਨੇਕ ਕੰਮਾਂ ਕਾਰਨ ਮੁਹੱਬਤ ਹੈ।

لَهُمْ دَارُ السَّلٰمِ عِنْدَ رَبِّهِمْ وَهُوَ وَلِيُّهُمْ بِمَا كَانُوْا يَعْمَلُوْنَ ﴿١٢٧﴾

128. ਜਿਸ ਦਿਨ ਉਹ ਉਹਨਾਂ ਸਾਰਿਆਂ ਨੂੰ ਇਕੱਠਾ ਕਰੇਗਾ ਅਤੇ ਆਖੇਗਾ ਕਿ ਹੇ ਜਿੰਨੋ! ਤੁਸੀਂ ਮਨੁੱਖਾਂ ਵਿੱਚੋਂ ਕਈਆਂ ਨੂੰ ਕੁਰਾਹੇ ਪਾਇਆ ਸੀ ਅਤੇ ਮਨੁੱਖਾਂ 'ਚੋਂ ਉਹਨਾਂ (ਜਿੰਨਾਂ) ਦੇ ਮਿੱਤਰ ਆਖਣਗੇ ਹੇ ਸਾਡੇ ਰੱਬਾ! ਅਸੀਂ ਇਕ ਦੂਜੇ ਤੋਂ ਲਾਭ ਖੱਟਿਆ ਸੀ। ਅੱਜ ਅਸੀਂ ਉਸ ਸਮੇਂ ਨੂੰ ਪਹੁੰਚ ਗਏ ਹਾਂ ਜਿਹੜਾ ਤੁਸੀਂ ਸਾਡੇ ਲਈ ਨਿਸ਼ਚਿਤ ਕੀਤਾ ਸੀ। ਹੁਣ ਅੱਲਾਹ ਫ਼ਰਮਾਏਗਾ ਕਿ ਤੁਹਾਡਾ ਸਾਰਿਆਂ ਦਾ ਟਿਕਾਣਾ ਨਰਕ ਹੈ, ਜਿੱਥੇ ਤੁਸੀਂ ਸਦਾ ਰਹੋਗੇ, ਹਾਂ ਜੇ ਅੱਲਾਹ ਨੂੰ ਹੀ (ਤੁਹਾਡੀ ਰਿਹਾਈ) ਮਨਜ਼ੂਰ ਹੋਵੇ ਤਾਂ ਗੱਲ ਵੱਖਰੀ ਹੈ। ਬੇਸ਼ੱਕ ਤੁਹਾਡਾ ਰੱਬ ਵੱਡੀਆਂ ਹਿਕਮਤਾਂ ਵਾਲਾ ਅਤੇ ਗਿਆਨ ਵਾਲਾ ਹੈ।

وَيَوْمَ يَحْشُرُهُمْ جَمِيْعًا ۚ يٰمَعْشَرَ الْجِنِّ قَدِ اسْتَكْثَرْتُمْ مِّنَ الْاِنْسِ ۚ وَقَالَ اَوْلِيٰٓؤُهُمْ مِّنَ الْاِنْسِ رَبَّنَا اسْتَمْتَعَ بَعْضُنَا بِبَعْضٍ وَّبَلَغْنَآ اَجَلَنَا الَّذِيْٓ اَجَّلْتَ لَنَا ۗ قَالَ النَّارُ مَثْوٰىكُمْ خٰلِدِيْنَ فِيْهَآ اِلَّا مَا شَآءَ اللّٰهُ ۗ اِنَّ رَبَّكَ حَكِيْمٌ عَلِيْمٌ ﴿١٢٨﴾

129. ਇਸ ਪ੍ਰਕਾਰ ਅਸੀਂ (ਆਖ਼ਿਰਤ ਵਿਚ) ਕੁੱਝ ਜ਼ਾਲਮਾਂ ਨੂੰ ਦੂਜੇ (ਜ਼ਾਲਮਾਂ) ਦਾ ਸਾਥੀ ਬਣਾਵਾਂਗੇ ਇਹ ਸਭ ਉਹਨਾਂ ਦੀਆਂ ਕਰਤੂਤਾਂ ਕਾਰਨ ਹੀ ਹੋਵੇਗਾ।

وَكَذٰلِكَ نُوَلِّيْ بَعْضَ الظّٰلِمِيْنَ بَعْضًا بِمَا كَانُوْا يَكْسِبُوْنَ ﴿١٢٩﴾

130. ਹੇ ਜਿੰਨਾਂ ਤੇ ਮਨੁੱਖਾਂ ਦੀ ਟੋਲੀਓ! ਕੀ ਤੁਹਾਡੇ ਕੋਲ ਤੁਹਾਡੇ ਹੀ ਵਿੱਚੋਂ ਪੈਗ਼ੰਬਰ ਨਹੀਂ ਆਏ ਸਨ ਜੋ ਤੁਹਾਨੂੰ ਮੇਰੇ ਆਦੇਸ਼ ਸੁਣਾਉਂਦੇ ਸਨ ਅਤੇ ਤੁਹਾਨੂੰ ਇਸ (ਕਿਆਮਤ ਦੇ) ਦਿਨ ਦੀ ਮਿਲਣੀ ਤੋਂ ਡਰਾਉਂਦੇ ਸਨ? ਉਹ ਆਖਣਗੇ ਕਿ ਅਸੀਂ ਇਸ ਗੱਲ ਨੂੰ ਮੰਨਦੇ ਹਾਂ। ਉਹਨਾਂ ਨੂੰ ਸੰਸਾਰਿਕ ਜੀਵਨ ਨੇ ਭੁਲੇਖੇ ਵਿਚ ਪਾ ਰੱਖਿਆ ਸੀ। ਇਹ ਲੋਕ ਆਪ ਆਪਣੇ ਵਿਰੁੱਧ ਗਵਾਹੀ ਦੇਣਗੇ ਕਿ ਉਹ ਇਨਕਾਰੀ ਸਨ।

يٰمَعْشَرَ الْجِنِّ وَالْاِنْسِ اَلَمْ يَاْتِكُمْ رُسُلٌ مِّنْكُمْ يَقُصُّوْنَ عَلَيْكُمْ اٰيٰتِيْ وَيُنْذِرُوْنَكُمْ لِقَآءَ يَوْمِكُمْ هٰذَا ۭ قَالُوْا شَهِدْنَا عَلٰٓي اَنْفُسِنَا وَغَرَّتْهُمُ الْحَيٰوةُ الدُّنْيَا وَشَهِدُوْا عَلٰٓي اَنْفُسِهِمْ اَنَّهُمْ كَانُوْا كٰفِرِيْنَ (130)

131. ਇਹ ਰਸੂਲ ਇਸ ਲਈ ਭੇਜੇ ਗਏ ਕਿ ਤੁਹਾਡਾ ਰੱਬ ਕਿਸੇ ਵੀ ਬਸਤੀ ਨੂੰ ਜ਼ੁਲਮ ਕਾਰਨ ਉਦੋਂ ਤਕ ਹਲਾਕ ਨਹੀਂ ਕਰਦਾ ਜਦੋਂ ਤਕ ਉਸ ਦੇ ਵਸਨੀਕ ਹਕੀਕਤ ਤੋਂ ਅਣਜਾਣ ਹਨ।

ذٰلِكَ اَنْ لَّمْ يَكُنْ رَّبُّكَ مُهْلِكَ الْقُرٰي بِظُلْمٍ وَّاَهْلُهَا غٰفِلُوْنَ (131)

132 ਹਰ ਇਕ ਨੂੰ ਉਹਨਾਂ ਦੇ ਕਰਮਾਂ ਅਨੁਸਾਰ (ਆਖ਼ਿਰਤ ਵਿਚ) ਦਰਜੇ ਮਿਲਣਗੇ ਅਤੇ ਤੁਹਾਡਾ ਰੱਬ ਉਹਨਾਂ ਦੇ ਅਮਲਾਂ ਤੋਂ ਬੇਖ਼ਬਰ ਨਹੀਂ ਹੈ।

وَلِكُلٍّ دَرَجٰتٌ مِّمَّا عَمِلُوْا ۭ وَمَا رَبُّكَ بِغَافِلٍ عَمَّا يَعْمَلُوْنَ (132)

133 ਅਤੇ ਤੁਹਾਡਾ ਰੱਬ ਕਿਸੇ ਦਾ ਮੁਥਾਜ ਨਹੀਂ ਸਗੋਂ ਮਿਹਰਾਂ ਕਰਦਾ ਹੈ। ਜੇ ਉਹ ਚਾਹਵੇ ਤਾਂ ਤੁਹਾਨੂੰ ਸਭ ਨੂੰ ਚੁੱਕ ਲਵੇ (ਭਾਵ ਖ਼ਤਮ ਕਰ ਦੇਵੇ) ਅਤੇ ਤੁਹਾਥੋਂ ਬਾਅਦ ਜਿਸ ਨੂੰ ਚਾਹੇ ਤੁਹਾਡਾ ਉੱਤਰ ਅਧਿਕਾਰੀ ਬਣਾ ਦੇਵੇ ਜਿਵੇਂ ਉਸ ਨੇ ਤੁਹਾਨੂੰ ਦੂਜੀ ਕੌਮ ਦੀ ਨਸਲ ਵਿੱਚੋਂ ਪੈਦਾ ਕੀਤਾ ਹੈ।

وَرَبُّكَ الْغَنِيُّ ذُو الرَّحْمَةِ ۭ اِنْ يَّشَاْ يُذْهِبْكُمْ وَيَسْتَخْلِفْ مِنْۢ بَعْدِكُمْ مَّا يَشَاۗءُ كَمَآ اَنْشَاَكُمْ مِّنْ ذُرِّيَّةِ قَوْمٍ اٰخَرِيْنَ (133)

134. ਜਿਸ ਚੀਜ਼ ਕਿਆਮਤ ਦਾ ਤੁਹਾਡੇ ਨਾਲ ਵਾਅਦਾ ਕੀਤਾ ਜਾ ਰਿਹਾ ਹੈ ਉਹ ਲਾਜ਼ਮੀ ਆਉਣ ਵਾਲੀ ਸ਼ੈਅ ਹੈ। ਤੁਸੀਂ (ਅੱਲਾਹ ਨੂੰ) ਆਜਿਜ਼ ਭਾਵ ਬੇਵਸ ਨਹੀਂ ਕਰ ਸਕਦੇ।

اِنَّ مَا تُوْعَدُوْنَ لَاٰتٍ ۙ وَّمَآ اَنْتُمْ بِمُعْجِزِيْنَ (134)

135 (ਹੇ ਨਬੀ!) ਤੁਸੀਂ ਕਹਿ ਦਿਓ ਕਿ ਹੇ ਮੇਰੀ ਕੌਮ! ਤੁਸੀਂ-ਆਪਣਾ ਕੰਮ ਕਰਦੇ ਰਹੋ ਮੈਂ ਆਪਣਾ ਕੰਮ ਕਰ ਰਿਹਾ ਹਾਂ। ਤੁਹਾਨੂੰ ਛੇਤੀ ਹੀ ਪਤਾ ਲੱਗ

قُلْ يٰقَوْمِ اعْمَلُوْا عَلٰي مَكَانَتِكُمْ اِنِّىْ عَامِلٌ ۚ فَسَوْفَ تَعْلَمُوْنَ ۙ مَنْ تَكُوْنُ لَهٗ عَاقِبَةُ الدَّارِ ۭ اِنَّهٗ لَا يُفْلِحُ الظّٰلِمُوْنَ (135)

ਜਾਵੇਗਾ ਕਿ ਇਸ ਆਖ਼ਿਰਤ ਦਾ ਅੰਤ ਕਿਸ ਲਈ ਚੰਗਾ ਹੈ। ਇਹ ਗੱਲ ਸੱਚ ਹੈ ਕਿ ਜ਼ਾਲਮਾਂ ਨੂੰ ਕਦੇ ਵੀ ਕਾਮਯਾਬੀ ਨਹੀਂ ਮਿਲਦੀ।

وَجَعَلُوا لِلَّهِ مِمَّا ذَرَأَ مِنَ الْحَرْثِ وَالْأَنْعَامِ
نَصِيبًا فَقَالُوا هَٰذَا لِلَّهِ بِزَعْمِهِمْ وَهَٰذَا
لِشُرَكَائِنَا ۖ فَمَا كَانَ لِشُرَكَائِهِمْ فَلَا يَصِلُ
إِلَى اللَّهِ ۖ وَمَا كَانَ لِلَّهِ فَهُوَ يَصِلُ إِلَىٰ
شُرَكَائِهِمْ ۗ سَاءَ مَا يَحْكُمُونَ (١٣٦)

136. ਅੱਲਾਹ ਨੇ ਜੋ ਵੀ ਖੇਤੀ ਅਤੇ ਪਸ਼ੂਆਂ ਦੇ ਰੂਪ ਵਿਚ ਪੈਦਾ ਕੀਤਾ ਹੈ ਇਹਨਾਂ ਲੋਕਾਂ ਨੇ ਆਪਣੇ ਗੁਮਾਨ ਅਨੁਸਾਰ ਉਹਨਾਂ ਵਿੱਚੋਂ ਕੁੱਝ ਹਿੱਸਾ ਅੱਲਾਹ ਲਈ ਨਿਰਧਾਰਿਤ ਕੀਤਾ ਹੈ ਅਤੇ ਆਖਦੇ ਹਨ ਕਿ ਇਹ ਅੱਲਾਹ ਲਈ ਹੈ ਅਤੇ ਇਹ ਸਾਡੇ ਇਸ਼ਟਾਂ ਲਈ ਹੈ, ਫਿਰ ਜਿਹੜਾ ਹਿੱਸਾ ਉਹਨਾਂ ਦੇ ਇਸ਼ਟਾਂ ਦਾ ਹੁੰਦਾ ਹੈ ਉਹ ਤਾਂ ਅੱਲਾਹ ਕੋਲ ਨਹੀਂ ਪੁੱਜਦਾ ਪਰ ਜਿਹੜਾ ਅੱਲਾਹ ਦਾ ਹਿੱਸਾ ਹੁੰਦਾ ਹੈ ਉਹ ਉਹਨਾਂ ਦੇ ਇਸ਼ਟਾਂ ਨੂੰ ਮਿਲ ਜਾਂਦਾ ਹੈ। ਕਿੰਨੀ ਬੇਇਨਸਾਫ਼ੀ ਦੇ ਫ਼ੈਸਲੇ ਕਰਦੇ ਹਨ।

وَكَذَٰلِكَ زَيَّنَ لِكَثِيرٍ مِنَ الْمُشْرِكِينَ قَتْلَ
أَوْلَادِهِمْ شُرَكَاؤُهُمْ لِيُرْدُوهُمْ وَلِيَلْبِسُوا
عَلَيْهِمْ دِينَهُمْ ۖ وَلَوْ شَاءَ اللَّهُ مَا فَعَلُوهُ ۖ
فَذَرْهُمْ وَمَا يَفْتَرُونَ (١٣٧)

137. ਇਸੇ ਤਰ੍ਹਾਂ ਬਹੁਤ ਸਾਰੇ ਮੁਸ਼ਰਿਕਾਂ ਲਈ ਉਹਨਾਂ ਦੀ ਸੰਤਾਨ ਦਾ ਕਤਲ ਕਰਨਾ ਉਹਨਾਂ ਦੇ ਸ਼ਰੀਕਾਂ ਨੇ ਸੋਹਣਾ ਬਣਾ ਛੱਡਿਆ ਹੈ ਤਾਂ ਜੋ ਉਹਨਾਂ ਨੂੰ ਬਰਬਾਦ ਕਰ ਦੇਣ ਅਤੇ ਉਹਨਾਂ ਦੇ ਧਰਮ ਨੂੰ ਸ਼ੱਕ-ਸ਼ੁਬਹ ਵਿਚ ਪਾ ਦੇਣ। ਜੇ ਅੱਲਾਹ ਨੂੰ ਮਨਜ਼ੂਰ ਹੁੰਦਾ ਤਾਂ ਇਹ ਇੰਜ ਨਾ ਕਰਦੇ। ਸੋ ਤੁਸੀਂ (ਹੇ ਨਬੀ!) ਇਹਨਾਂ ਨੂੰ ਅਤੇ ਇਨ੍ਹਾਂ ਦੇ ਝੂਠ ਨੂੰ ਉਹਨਾਂ ਦੇ ਹਾਲ 'ਤੇ ਛੱਡ ਦਿਓ।

وَقَالُوا هَٰذِهِ أَنْعَامٌ وَحَرْثٌ حِجْرٌ لَا يَطْعَمُهَا
إِلَّا مَنْ نَشَاءُ بِزَعْمِهِمْ وَأَنْعَامٌ حُرِّمَتْ ظُهُورُهَا
وَأَنْعَامٌ لَا يَذْكُرُونَ اسْمَ اللَّهِ عَلَيْهَا افْتِرَاءً
عَلَيْهِ ۚ سَيَجْزِيهِمْ بِمَا كَانُوا يَفْتَرُونَ (١٣٨)

138. ਉਹ ਇਹ ਵੀ ਵਿਚਾਰ ਰੱਖਦੇ ਹਨ ਕਿ ਇਹ ਡੰਗਰ-ਪਸ਼ੂ ਅਤੇ ਖੇਤੀਆਂ (ਨੂੰ ਖਾਣਾ) ਮਨ੍ਹਾ ਹੈ, ਇਹਨਾਂ ਨੂੰ ਕੇਵਲ ਉਹੀਓ ਖਾ ਸਕਦਾ ਹੈ ਜਿਸ ਨੂੰ ਅਸੀਂ ਚਾਹੀਏ। ਫੇਰ ਕੁੱਝ ਜਾਨਵਰ ਹਨ ਜਿਨ੍ਹਾਂ ਉੱਤੇ ਸਵਾਰੀ ਕਰਨੀ ਹਰਾਮ ਕਰ ਦਿੱਤੀ ਗਈ ਹੈ ਅਤੇ ਕੁੱਝ ਜਾਨਵਰ ਅਜਿਹੇ ਹਨ ਜਿਨ੍ਹਾਂ ਉੱਤੇ (ਜ਼ਿਬਹ ਕਰਦੇ ਹੋਏ) ਅੱਲਾਹ ਦਾ ਨਾਂ ਨਹੀਂ ਲੈਂਦੇ। ਇਹ ਸਭ ਉਹਨਾਂ

ਨੇ ਅੱਲਾਹ ਦੇ ਨਾਂ 'ਤੇ ਝੂਠ ਘੜ੍ਹਿਆ ਹੈ ਅਤੇ ਉਹ ਛੇਤੀ ਹੀ ਉਹਨਾਂ ਨੂੰ ਇਸ ਝੂਠ ਘੜ੍ਹਣ ਦੀ ਸਜ਼ਾ ਦੇਵੇਗਾਂ।

وَقَالُوا مَا فِي بُطُونِ هَٰذِهِ الْأَنْعَامِ خَالِصَةٌ
لِّذُكُورِنَا وَمُحَرَّمٌ عَلَىٰ أَزْوَاجِنَا ۖ وَإِن يَكُن مَّيْتَةً
فَهُمْ فِيهِ شُرَكَاءُ ۚ سَيَجْزِيهِمْ وَصْفَهُمْ ۚ إِنَّهُ
حَكِيمٌ عَلِيمٌ ﴿١٣٩﴾

139. ਉਹ (ਮੁਸ਼ਰਿਕ) ਆਖਦੇ ਹਨ ਕਿ ਜਿਹੜੀ ਚੀਜ਼ ਇਹਨਾਂ ਹਰਾਮ (ਕੀਤੇ ਹੋਏ) ਜਾਨਵਰਾਂ ਦੇ ਗਰਭ ਵਿਚ ਹੈ, ਉਹ ਖ਼ਾਸ ਸਾਡੇ ਮਰਦਾਂ ਲਈ ਹੈ ਅਤੇ ਔਰਤਾਂ ਲਈ ਹਰਾਮ ਹੈ। ਜੇ ਉਹ ਮੁਰਦਾ ਬੱਚਾ ਹੋਵੇ ਤਾਂ ਦੋਵੇਂ ਉਸ ਦੇ ਖਾਣ ਵਿਚ ਸਾਰੇ ਬਰਾਬਰ ਹਨ। ਛੇਤੀ ਹੀ ਅੱਲਾਹ ਇਹਨਾਂ ਨੂੰ ਇਹਨਾਂ ਦੀਆਂ ਮਨ ਘੜਤ ਗੱਲਾਂ ਦਾ ਬਦਲਾ ਦੇਵੇਗਾ। ਬੇਸ਼ੱਕ ਉਹ ਹਿਕਮਤ ਵਾਲਾ ਅਤੇ ਸਾਰੀਆਂ ਗੱਲਾਂ ਦੀ ਖ਼ਬਰ ਰੱਖਦਾ ਹੈ।

قَدْ خَسِرَ الَّذِينَ قَتَلُوا أَوْلَادَهُمْ سَفَهًا بِغَيْرِ
عِلْمٍ وَحَرَّمُوا مَا رَزَقَهُمُ اللَّهُ افْتِرَاءً عَلَى اللَّهِ ۚ
قَدْ ضَلُّوا وَمَا كَانُوا مُهْتَدِينَ ﴿١٤٠﴾

140. ਜ਼ਰੂਰ ਹੀ ਉਹ ਲੋਕ ਘਾਟੇ ਵਿਚ ਹਨ ਜਿਹੜੇ ਆਪਣੀ ਔਲਾਦ ਨੂੰ ਮੂਰਖਤਾ ਅਤੇ ਅਗਿਆਨਤਾ ਕਾਰਨ ਕਤਲ ਕਰ ਦਿੰਦੇ ਹਨ ਅਤੇ ਜਿਹੜਾ ਰਿਜ਼ਕ ਅੱਲਾਹ ਨੇ ਉਹਨਾਂ ਨੂੰ (ਖਾਣ ਪੀਣ ਲਈ) ਬਖ਼ਸ਼ਿਆ ਹੈ, ਅੱਲਾਹ ਉੱਤੇ ਝੂਠ ਮੜ੍ਹ ਕੇ ਉਸ ਨੂੰ ਹਰਾਮ ਬਣਾ ਲੈਂਦੇ ਹਨ। ਬੇਸ਼ੱਕ ਇਹ ਲੋਕੀ ਗੁਮਰਾਹੀ ਵਿਚ ਜਾ ਪਏ ਅਤੇ ਹੁਣ ਉਹ ਸਿੱਧੇ ਰਸਤੇ ਨਹੀਂ ਆਉਣਗੇ।

وَهُوَ الَّذِي أَنشَأَ جَنَّاتٍ مَّعْرُوشَاتٍ وَغَيْرَ
مَعْرُوشَاتٍ وَالنَّخْلَ وَالزَّرْعَ مُخْتَلِفًا أُكُلُهُ
وَالزَّيْتُونَ وَالرُّمَّانَ مُتَشَابِهًا وَغَيْرَ مُتَشَابِهٍ ۚ
كُلُوا مِن ثَمَرِهِ إِذَا أَثْمَرَ وَآتُوا حَقَّهُ يَوْمَ حَصَادِهِ ۖ
وَلَا تُسْرِفُوا ۚ إِنَّهُ لَا يُحِبُّ الْمُسْرِفِينَ ﴿١٤١﴾

141 ਅਤੇ ਉਹੀਓ ਹੈ ਜਿਸ ਨੇ ਛੱਪਰਾਂ 'ਤੇ ਚਾੜ੍ਹੇ ਹੋਏ ਅਤੇ ਬਿਨਾਂ ਛੱਪਰਾਂ 'ਤੇ ਚਾੜ੍ਹੇ ਬਾਗ਼ ਪੈਦਾ ਕੀਤੇ। ਖਜੂਰਾਂ ਤੇ (ਦੂਜੇ ਫਲਾਂ ਦੀਆਂ) ਫ਼ਸਲਾਂ ਉਗਾਈਆਂ, ਇਹਨਾਂ ਦੇ ਫਲਾਂ ਦਾ ਸੁਆਦ ਵੱਖੋ-ਵੱਖ ਹੁੰਦਾ ਹੈ। ਜ਼ੈਤੂਨ ਤੇ ਅਨਾਰ ਪੈਦਾ ਕੀਤੇ ਜਿਹੜੇ ਵੇਖਣ ਵਿਚ ਰਲਦੇ ਮਿਲਦੇ ਹੁੰਦੇ ਹਨ ਤੇ ਸੁਆਦ ਵਿਚ ਵੱਖਰੇ। ਜਦੋਂ ਇਹਨਾਂ (ਰੁੱਖਾਂ) 'ਤੇ ਫਲ ਆਉਣ ਤਾਂ ਤੁਸੀਂ ਇਹਨਾਂ ਦੇ ਫਲ ਖਾਓ। ਇਹਨਾਂ ਫਲਾਂ ਦੀ ਵਾਢੀ

ਸਮੇਂ ਅੱਲਾਹ ਦਾ ਹੱਕ ਅਦਾ ਕਰੋ। ਫ਼ਜ਼ੂਲ ਖ਼ਰਚੀ ਨਾ ਕਰੋ, ਬੇਸ਼ੱਕ ਅੱਲਾਹ ਫ਼ਜ਼ੂਲ ਖ਼ਰਚੀ (ਲੋੜ ਤੋਂ ਵੱਧ ਖ਼ਰਚ) ਕਰਨ ਵਾਲਿਆਂ ਨੂੰ ਪਸੰਦ ਨਹੀਂ ਕਰਦਾ।

وَمِنَ الْأَنْعَامِ حَمُولَةً وَفَرْشًا ۚ كُلُوا مِمَّا رَزَقَكُمُ اللَّهُ وَلَا تَتَّبِعُوا خُطُوَاتِ الشَّيْطَانِ ۚ إِنَّهُ لَكُمْ عَدُوٌّ مُبِينٌ ﴿١٤٢﴾

142. ਉਸੇ ਨੇ ਭਾਰ ਦੀ ਢੋਆ-ਢੁਆਈ ਲਈ ਵੱਡੇ ਕੱਦ ਦੇ ਜਾਨਵਰ ਪੈਦਾ ਕੀਤੇ। ਅੱਲਾਹ ਨੇ ਤੁਹਾਨੂੰ ਜਿਹੜਾ ਰਿਜ਼ਕ ਬਖ਼ਸ਼ਿਆ ਹੈ ਉਸ ਵਿੱਚੋਂ ਖਾਓ ਅਤੇ ਸ਼ੈਤਾਨ ਦੀ ਪੈਰਵੀ ਨਾ ਕਰੋ, ਕਿਉਂ ਜੋ ਉਹ ਤੁਹਾਡਾ ਵੈਰੀ ਹੈ।

ثَمَانِيَةَ أَزْوَاجٍ ۖ مِنَ الضَّأْنِ اثْنَيْنِ وَمِنَ الْمَعْزِ اثْنَيْنِ ۗ قُلْ آلذَّكَرَيْنِ حَرَّمَ أَمِ الْأُنْثَيَيْنِ أَمَّا اشْتَمَلَتْ عَلَيْهِ أَرْحَامُ الْأُنْثَيَيْنِ ۖ نَبِّئُونِي بِعِلْمٍ إِنْ كُنْتُمْ صَادِقِينَ ﴿١٤٣﴾

143. ਇਹ ਅੱਠ ਪ੍ਰਕਾਰ ਦੇ ਨਰ ਤੇ ਮਦੀਨ ਹਨ, ਦੋ ਭੇਡ ਦੀ ਨਸਲੋਂ ਅਤੇ ਦੋ ਬੱਕਰੀ ਦੀ ਨਸਲ ਵਿੱਚੋਂ। (ਹੇ ਨਬੀ!) ਤੁਸੀਂ ਇਹਨਾਂ ਤੋਂ ਪੁੱਛੋ, ਕੀ ਦੋਵਾਂ ਦੇ ਨਰ ਹਰਾਮ ਕੀਤੇ ਹਨ ਜਾਂ ਮਦੀਨ ਜਾਂ ਉਹ ਬੱਚੇ ਜਿਹੜੇ ਦੋਵੇਂ (ਨਸਲਾਂ) ਦੇ ਮਦੀਨ ਦੇ ਢਿੱਡਾਂ ਵਿਚ ਹਨ? ਜੇ ਤੁਸੀਂ ਸੱਚੇ ਹੋ ਤਾਂ ਮੈਨੂੰ ਬੁੱਧ ਗਿਆਨ ਸਹਿਤ ਦੱਸੋ।

وَمِنَ الْإِبِلِ اثْنَيْنِ وَمِنَ الْبَقَرِ اثْنَيْنِ ۗ قُلْ آلذَّكَرَيْنِ حَرَّمَ أَمِ الْأُنْثَيَيْنِ أَمَّا اشْتَمَلَتْ عَلَيْهِ أَرْحَامُ الْأُنْثَيَيْنِ ۖ أَمْ كُنْتُمْ شُهَدَاءَ

144. ਦੋ ਨਸਲਾਂ ਊਠ ਦੀਆਂ ਅਤੇ ਦੋ ਹੀ ਗਊ ਦੀਆਂ ਹਨ।[1] (ਹੇ ਨਬੀ!) ਰਤਾ ਪੁੱਛੋ, ਕੀ ਅੱਲਾਹ ਨੇ ਦੋਵਾਂ ਦੇ ਨਰ ਹਰਾਮ ਕੀਤੇ ਹਨ ਜਾਂ ਦੋਵਾਂ ਦੇ

---

[1] ਇਹ ਨਰੀਨ ਤੇ ਮਾਦਾ ਪਸ਼ੂ ਜਿਨ੍ਹਾਂ ਨੂੰ ਮਨੁੱਖ ਖਾਂਦਾ ਹੈ ਅਤੇ ਇਸ ਤੋਂ ਬੋਝ ਢੋਣਾ ਉਠਾਈ ਦਾ ਕੰਮ ਵੀ ਲੈਂਦਾ ਹੈ ਅੱਲਾਹ ਦੀਆਂ ਨਿਸ਼ਾਨੀਆਂ ਵਿੱਚੋਂ ਹਨ ਭਾਵੇਂ ਕਿ ਇਹ ਮਨੁੱਖਾਂ ਵਾਂਗ ਬੋਲ ਨਹੀਂ ਸਕਦੇ ਪਰ ਜੇ ਅੱਲਾਹ ਚਾਹਵੇ ਤਾਂ ਇਹਨਾਂ ਨੂੰ ਬੋਲਣ ਦੀ ਸ਼ਕਤੀ ਵੀ ਦੇ ਸਕਦਾ ਹੈ, ਜਿਵੇਂ ਹਦੀਸ ਵਿੱਚ ਕੁੱਝ ਘਟਨਾਵਾਂ ਦੀ ਚਰਚਾ ਵੀ ਕੀਤੀ ਜਾਂਦੀ ਹੈ। ਨਬੀ (ਸ:) ਨੇ ਫ਼ਰਮਾਇਆ, ਇਕ ਚਰਵਾਹਾ ਬੱਕਰੀਆਂ ਚਰਾ ਰਿਹਾ ਸੀ ਕਿ ਇਕ ਭੇੜੀਆ ਇਕ ਬੱਕਰੀ ਲੈ ਕੇ ਭੱਜ ਗਿਆ, ਜਦੋਂ ਚਰਵਾਹੇ ਨੇ ਭੇੜੀਏ ਦਾ ਪਿੱਛਾ ਕੀਤਾ ਤਾਂ ਭੇੜੀਏ ਨੇ ਚਰਵਾਹੇ ਨੂੰ ਕਿਹਾ ਕਿ ਕਿਆਮਤ ਦੇ ਨੇੜੇ ਇਹਨਾਂ ਬੱਕਰੀਆਂ ਦੀ ਰਾਖੀ ਜੰਗਲੀ ਜਾਨਵਰਾਂ ਤੋਂ ਕੌਣ ਕਰੇਗਾ ਜਦ ਕਿ ਮੇਰੇ ਤੋਂ ਛੁੱਟ ਉਸ ਦਿਨ ਹੋਰ ਕੋਈ ਚਰਵਾਹਾ ਨਹੀਂ ਹੋਵੇਗਾ। ਨਬੀ (ਸ:) ਨੇ ਇਹ ਵੀ ਫ਼ਰਮਾਇਆ ਕਿ ਇਕ ਵਿਅਕਤੀ ਇਕ ਬੈਲ 'ਤੇ ਸਾਮਾਨ ਲੱਦੀ ਜਾ ਰਿਹਾ ਸੀ, ਬੈਲ ਨੇ ਉਸ ਵੱਲ ਮੁੜ ਕੇ ਵੇਖਿਆ ਅਤੇ ਕਿਹਾ ਕਿ ਮੈਨੂੰ ਸਾਮਾਨ ਢੋਹਣ ਲਈ ਪੈਦਾ ਨਹੀਂ ਕੀਤਾ ਗਿਆ ਮੈਨੂੰ ਤਾਂ ਖੇਤੀ ਬਾੜੀ ਲਈ ਪੈਦਾ ਕੀਤਾ ਗਿਆ ਹੈ ਲੋਕ ਹੈਰਾਨ ਹੋ ਕੇ ਬੋਲੇ 'ਸੁਬਹਾਨੱਲਾਹ', ਜਾਨਵਰ ਵੀ ਗੱਲਾਂ ਕਰਦੇ ਹਨ। ਨਬੀ (ਸ:) ਨੇ ਫ਼ਰਮਾਇਆ, ਮੈਂ ਤਾਂ ਇਸ 'ਤੇ ਈਮਾਨ ਲਿਆਇਆ ਹਾਂ ਅਤੇ ਅਬੂ-ਬਕਰ ਤੇ ਉਮਰ ਵੀ ਇਸ ਗੱਲ 'ਤੇ ਈਮਾਨ ਲਿਆਉਂਦੇ ਹਨ। (ਸਹੀ ਬੁਖ਼ਾਰੀ, ਹਦੀਸ: 3663)

ਮਦੀਨ ਜਾਂ ਉਹ ਬੱਚੇ ਜਿਹੜੇ ਦੋਵਾਂ ਮਦੀਨ ਦੇ ਢਿੱਡਾਂ ਵਿਚ ਹਨ? ਕੀ ਉਸ ਸਮੇਂ ਤੁਸੀਂ ਹਾਜ਼ਰ ਸੀ ਜਦੋਂ ਅੱਲਾਹ ਤੁਹਾਨੂੰ ਹੁਕਮ ਦੇ ਰਿਹਾ ਸੀ? ਇਸ ਤੋਂ ਵੱਡਾ ਜ਼ਾਲਮ ਕੌਣ ਹੋਵੇਗਾ ਜਿਹੜਾ ਅੱਲਾਹ ਦੇ ਸਿਰ ਬਿਨਾਂ ਕਿਸੇ ਦਲੀਲ ਤੋਂ ਝੂਠ ਮੜ੍ਹੇ ਤਾਂ ਜੋ ਲੋਕਾਂ ਨੂੰ ਇਹ ਬਿਨਾਂ ਗਿਆਨ ਤੋਂ ਗੁਮਰਾਹ ਕਰ ਸਕੇ। ਬੇਸ਼ੱਕ ਜ਼ਾਲਮਾਂ ਨੂੰ ਅੱਲਾਹ ਸਿੱਧੀ ਰਾਹ ਨਹੀਂ ਵਿਖਾਉਂਦਾ।

إِذْ وَصَّاكُمُ اللَّهُ بِهَٰذَا ۚ فَمَنْ أَظْلَمُ مِمَّنِ افْتَرَىٰ
عَلَى اللَّهِ كَذِبًا لِّيُضِلَّ النَّاسَ بِغَيْرِ عِلْمٍ ۗ إِنَّ اللَّهَ
لَا يَهْدِي الْقَوْمَ الظَّالِمِينَ ﴿١٤٤﴾

145. (ਹੇ ਨਬੀ!) ਤੁਸੀਂ ਕਹੋ ਕਿ ਜੋ ਵੀ ਵਹੀ (ਰੱਬੀ ਆਦੇਸ਼) ਮੇਰੇ ਵੱਲ ਆਈ ਹੈ ਮੈਂ ਇਸ ਵਿਚ ਕੁੱਝ ਵੀ ਅਜਿਹਾ ਨਹੀਂ ਵੇਖਦਾ ਜੋ ਕਿਸੇ ਖਾਣ ਵਾਲੇ ਲਈ, ਜੋ ਕੋਈ ਉਸ ਨੂੰ ਖਾਵੇ, ਹਰਾਮ ਹੋਵੇ ਪਰ ਹਾਂ! ਮੁਰਦਾਰ, ਵਗਦਾ ਖ਼ੂਨ, ਸੂਰ ਦਾ ਮਾਸ ਕਿਉਂ ਜੋ ਇਹ ਨਾ ਪਾਕ ਹਨ (ਇਸ ਲਈ ਇਹ ਹਰਾਮ ਹਨ) ਜਾਂ ਉਹ ਜਾਨਵਰ ਜਿਸ 'ਤੇ ਜ਼ਿਬਹ ਕਰਦੇ ਸਮੇਂ ਛੁੱਟ ਅੱਲਾਹ ਤੋਂ ਕਿਸੇ ਹੋਰ ਦਾ ਨਾਂ ਲਿਆ ਗਿਆ ਹੋਵੇ। ਫੇਰ ਜੇ ਕੋਈ ਵਿਅਕਤੀ (ਭੁੱਖ ਤੋਂ) ਮਜਬੂਰ ਹੋ ਜਾਵੇ ਪਰ ਉਹ ਨਾ-ਫ਼ਰਮਾਨ ਤੇ (ਸ਼ਰੀਅਤ ਦੀਆਂ) ਸੀਮਾਵਾਂ ਟੱਪਣ ਵਾਲਾ ਨਾ ਹੋਵੇ (ਜੇ ਅਜਿਹਾ ਵਿਅਕਤੀ ਹਰਾਮ ਖਾ ਲਵੇ) ਤਾਂ ਬੇਸ਼ੱਕ ਤੁਹਾਡਾ ਰੱਬ ਅਤਿ ਬਖ਼ਸ਼ਣਹਾਰ ਤੇ ਰਹਿਮ ਵਾਲਾ ਹੈ।

قُل لَّا أَجِدُ فِي مَا أُوحِيَ إِلَيَّ مُحَرَّمًا عَلَىٰ طَاعِمٍ
يَطْعَمُهُ إِلَّا أَن يَكُونَ مَيْتَةً أَوْ دَمًا مَّسْفُوحًا
أَوْ لَحْمَ خِنزِيرٍ فَإِنَّهُ رِجْسٌ أَوْ فِسْقًا أُهِلَّ لِغَيْرِ
اللَّهِ بِهِ ۚ فَمَنِ اضْطُرَّ غَيْرَ بَاغٍ وَلَا عَادٍ فَإِنَّ رَبَّكَ
غَفُورٌ رَّحِيمٌ ﴿١٤٥﴾

146. ਯਹੂਦੀਆਂ ਲਈ ਅਸੀਂ ਸਾਰੇ ਹੀ ਨੌਂਹਾਂ ਵਾਲੇ ਜਾਨਵਰ ਹਰਾਮ ਕੀਤੇ ਸੀ ਅਤੇ ਗਊ ਤੇ ਬਕਰੀਆਂ ਦੀ ਚਰਬੀ ਵੀ ਉਹਨਾਂ ਲਈ ਹਰਾਮ ਕੀਤਾ ਸੀ, ਛੁੱਟ ਉਸ ਚਰਬੀ ਤੋਂ ਜਿਹੜੀ ਉਹਨਾਂ ਦੀਆਂ ਪਿੱਠਾਂ ਜਾਂ ਆਂਤੜੀਆਂ ਜਾਂ ਹੱਡੀ ਨਾਲ ਚਿੰਬੜੀ

وَعَلَى الَّذِينَ هَادُوا حَرَّمْنَا كُلَّ ذِي ظُفُرٍ ۖ
وَمِنَ الْبَقَرِ وَالْغَنَمِ حَرَّمْنَا عَلَيْهِمْ شُحُومَهُمَا
إِلَّا مَا حَمَلَتْ ظُهُورُهُمَا أَوِ الْحَوَايَا أَوْ مَا
اخْتَلَطَ بِعَظْمٍ ۚ ذَٰلِكَ جَزَيْنَاهُم بِبَغْيِهِمْ ۖ
وَإِنَّا لَصَادِقُونَ ﴿١٤٦﴾

ਰੋਕ ਸਕੇ। ਅਸੀਂ ਉਹਨਾਂ ਨੂੰ ਇਹ ਸਜ਼ਾ ਉਹਨਾਂ ਦੀਆਂ ਨਾ-ਫ਼ਰਮਾਨੀਆਂ ਕਾਰਨ ਦਿੱਤੀ ਸੀ।

147. (ਹੇ ਨਬੀ!) ਜੇ ਇਹ ਤੁਹਾਨੂੰ ਝੂਠਾ ਕਹਿਣ ਤਾਂ ਤੁਸੀਂ ਇਹਨਾਂ ਨੂੰ ਆਖੋ ਕਿ ਤੁਹਾਡਾ ਰੱਬ ਬਹੁਤ ਹੀ ਖੁੱਲ੍ਹੀ ਡੁੱਲ੍ਹੀ ਰਹਿਮਤ ਵਾਲਾ ਹੈ ਅਤੇ ਉਸ ਦਾ ਅਜ਼ਾਬ ਅਪਰਾਧੀਆਂ ਤੋਂ ਟਲਿਆ ਨਹੀਂ ਕਰਦਾ।

فَإِن كَذَّبُوكَ فَقُل رَّبُّكُمْ ذُو رَحْمَةٍ وَاسِعَةٍ
وَلَا يُرَدُّ بَأْسُهُ عَنِ الْقَوْمِ الْمُجْرِمِينَ ﴿١٤٧﴾

148. ਛੇਤੀ ਹੀ ਇਹ ਮੁਸ਼ਰਿਕ ਆਖਣਗੇ ਕਿ ਜੇ ਅੱਲਾਹ ਨੂੰ ਮਨਜ਼ੂਰ ਹੁੰਦਾ ਤਾਂ ਨਾ ਅਸੀਂ ਸ਼ਿਰਕ ਕਰਦੇ ਅਤੇ ਨਾ ਹੀ ਸਾਡੇ ਬਾਪ ਦਾਦਾ ਅਤੇ ਨਾ ਹੀ ਅਸੀਂ ਕਿਸੇ ਚੀਜ਼ ਨੂੰ ਹਰਾਮ ਕਰਿਦੇ। ਇਸੇ ਪ੍ਰਕਾਰ ਜਿਹੜੇ ਲੋਕੀ ਇਹਨਾਂ ਤੋਂ ਪਹਿਲਾਂ ਬੀਤ ਚੁੱਕੇ ਹਨ ਉਹਨਾਂ ਨੇ ਵੀ (ਨਬੀਆਂ ਨੂੰ) ਝੁਠਲਾਇਆ ਸੀ ਇੱਥੋਂ ਤਕ ਕਿ ਉਹਨਾਂ ਨੇ ਸਾਡੇ ਅਜ਼ਾਬ ਦਾ ਸੁਆਦ ਲੈ ਲਿਆ। ਤੁਸੀਂ ਕਹੋ ਕਿ ਤੁਹਾਡੇ ਕੋਲ ਜੇ ਕੋਈ ਦਲੀਲ ਹੈ ਤਾਂ ਸਾਡੇ ਸਾਹਮਣੇ ਹਾਜ਼ਰ ਕਰੋ। ਤੁਸੀਂ ਲੋਕ ਕੇਵਲ ਖ਼ਿਆਲੀ ਗੱਲਾਂ 'ਤੇ ਚੱਲ ਰਹੇ ਹੋ ਅਤੇ ਤੁਸੀਂ ਬਿਲਕੁਲ ਹੀ ਬੇਤੁਕੀਆਂ ਗੱਲਾਂ ਤੋਂ ਕੰਮ ਲੈਂਦੇ ਹੋ।

سَيَقُولُ الَّذِينَ أَشْرَكُوا لَوْ شَاءَ اللَّهُ مَا أَشْرَكْنَا
وَلَا آبَاؤُنَا وَلَا حَرَّمْنَا مِن شَيْءٍ ۚ كَذَٰلِكَ
كَذَّبَ الَّذِينَ مِن قَبْلِهِمْ حَتَّىٰ ذَاقُوا بَأْسَنَا ۗ قُلْ
هَلْ عِندَكُم مِّنْ عِلْمٍ فَتُخْرِجُوهُ لَنَا ۖ إِن
تَتَّبِعُونَ إِلَّا الظَّنَّ وَإِنْ أَنتُمْ إِلَّا تَخْرُصُونَ ﴿١٤٨﴾

149. (ਹੇ ਨਬੀ!) ਤੁਸੀਂ ਆਖੋ ਕਿ ਸੱਚੀ ਦਲੀਲ ਤਾਂ ਅੱਲਾਹ ਦੀ ਹੀ ਹੈ ਫਿਰ ਜੇ ਉਹ ਚਾਹੁੰਦਾ ਤਾਂ ਤੁਹਾਨੂੰ ਸਾਰਿਆਂ ਨੂੰ ਸਿੱਧੇ ਰਸਤੇ ਪਾ ਦਿੰਦਾ।

قُلْ فَلِلَّهِ الْحُجَّةُ الْبَالِغَةُ ۖ فَلَوْ شَاءَ
لَهَدَاكُمْ أَجْمَعِينَ ﴿١٤٩﴾

150. (ਹੇ ਨਬੀ!) ਤੁਸੀਂ ਇਹਨਾਂ ਨੂੰ ਆਖੋ ਕਿ ਤੁਸੀਂ ਆਪਣੇ ਉਹਨਾਂ ਗਵਾਹਾਂ ਨੂੰ ਲੈ ਆਓ ਜਿਹੜੇ ਇਸ ਗੱਲ ਦੀ ਗਵਾਹੀ ਦੇਣ ਕਿ ਅੱਲਾਹ ਨੇ ਇਹਨਾਂ ਚੀਜ਼ਾਂ ਨੂੰ ਹਰਾਮ ਕੀਤਾ ਹੈ। ਜੇ ਉਹ ਗਵਾਹੀ ਦੇਣ ਤਾਂ ਵੀ ਤੁਸੀਂ ਗਵਾਹੀ ਨਾ ਦਿਓ

قُلْ هَلُمَّ شُهَدَاءَكُمُ الَّذِينَ يَشْهَدُونَ أَنَّ اللَّهَ
حَرَّمَ هَٰذَا ۖ فَإِن شَهِدُوا فَلَا تَشْهَدْ مَعَهُمْ ۚ وَلَا
تَتَّبِعْ أَهْوَاءَ الَّذِينَ كَذَّبُوا بِآيَاتِنَا وَالَّذِينَ
لَا يُؤْمِنُونَ بِالْآخِرَةِ وَهُم بِرَبِّهِمْ يَعْدِلُونَ ﴿١٥٠﴾

ਅਤੇ ਨਾ ਹੀ ਅਜਿਹੇ ਝੂਠੇ ਖਿਆਲਾਂ ਵਾਲੇ ਲੋਕਾਂ ਦੀ ਪੈਰਵੀ ਕਰੋ, ਜਿਹੜੇ ਸਾਡੀਆਂ ਆਇਤਾਂ ਦਾ ਇਨਕਾਰ ਕਰਦੇ ਹਨ, ਨਾ ਹੀ ਆਖ਼ਿਰਤ 'ਤੇ ਈਮਾਨ ਰੱਖਦੇ ਹਨ ਅਤੇ ਦੂਜਿਆਂ ਨੂੰ ਆਪਣੇ ਰੱਬ ਦਾ ਭਾਈਵਾਲ ਬਣਾਉਂਦੇ ਹਨ।

قُلْ تَعَالَوْا أَتْلُ مَا حَرَّمَ رَبُّكُمْ عَلَيْكُمْ أَلَّا تُشْرِكُوا
بِهِ شَيْئًا وَبِالْوَالِدَيْنِ إِحْسَانًا وَلَا تَقْتُلُوا
أَوْلَادَكُمْ مِنْ إِمْلَاقٍ نَحْنُ نَرْزُقُكُمْ وَإِيَّاهُمْ
وَلَا تَقْرَبُوا الْفَوَاحِشَ مَا ظَهَرَ مِنْهَا وَمَا بَطَنَ
وَلَا تَقْتُلُوا النَّفْسَ الَّتِي حَرَّمَ اللَّهُ إِلَّا بِالْحَقِّ
ذَٰلِكُمْ وَصَّاكُمْ بِهِ لَعَلَّكُمْ تَعْقِلُونَ (١٥١)

151. (ਹੇ ਨਬੀ!) ਤੁਸੀਂ (ਮੁਸ਼ਰਿਕਾਂ ਤੇ ਕਾਫ਼ਿਰਾਂ ਨੂੰ) ਆਖੋ ਕਿ ਆਓ ਮੈਂ ਤੁਹਾਨੂੰ ਉਹ ਚੀਜ਼ਾਂ ਪੜ੍ਹ ਕੇ ਸੁਣਾਵਾਂ ਜਿਨ੍ਹਾਂ ਨੂੰ ਤੁਹਾਡੇ ਰੱਬ ਨੇ ਤੁਹਾਡੇ ਲਈ ਹਰਾਮ ਕੀਤਾ ਹੈ ਉਹ ਇਹ ਹੈ ਕਿ ਉਸ ਦੇ ਨਾਲ ਕਿਸੇ ਚੀਜ਼ ਨੂੰ ਸ਼ਰੀਕ ਨਾ ਕਰੋ, ਮਾਂ-ਬਾਪ ਨਾਲ ਇਹਸਾਨ (ਵਧੀਆ ਵਰਤਾਓ) ਕਰੋ, ਗ਼ਰੀਬੀ ਤੋਂ ਡਰਦੇ ਹੋਏ ਆਪਣੀ ਔਲਾਦ ਨੂੰ ਕਤਲ ਨਾ ਕਰੋ. ਅਸੀਂ ਤੁਹਾਨੂੰ ਵੀ ਅਤੇ ਉਹਨਾਂ (ਬੱਚਿਆਂ) ਨੂੰ ਵੀ ਰਿਜ਼ਕ ਦਿੰਦੇ ਹਾਂ, ਅਸ਼ਲੀਲਤਾ ਦੇ ਨੇੜੇ ਵੀ ਨਾ ਜਾਓ, ਭਾਵੇਂ ਉਹ ਗੁਪਤ ਹੋ ਜਾਂ ਖੁੱਲ੍ਹੇ ਆਮ ਹੋ, ਜਿਸ ਦਾ ਕਤਲ ਕਰਨਾ ਅੱਲਾਹ ਨੇ ਹਰਾਮ ਕੀਤਾ ਹੈ ਉਸ ਨੂੰ ਕਤਲ ਨਾ ਕਰੋ ਛੁੱਟ ਉਸ ਤੋਂ ਜਿਸਦਾ ਕਤਲ ਕਰਨਾ ਹੱਕ ਹੋਵੇ। ਇਹ ਉਹ ਗੱਲਾਂ ਹਨ ਜਿਨ੍ਹਾਂ ਦਾ ਹੁਕਮ ਤੁਹਾਨੂੰ ਦਿੱਤਾ ਜਾਂਦਾ ਹੈ ਤਾਂ ਜੋ ਤੁਸੀਂ ਸੂਝ ਬੂਝ ਤੋਂ ਕੰਮ ਲਵੋਂ।

وَلَا تَقْرَبُوا مَالَ الْيَتِيمِ إِلَّا بِالَّتِي هِيَ أَحْسَنُ
حَتَّىٰ يَبْلُغَ أَشُدَّهُ وَأَوْفُوا الْكَيْلَ وَالْمِيزَانَ
بِالْقِسْطِ لَا نُكَلِّفُ نَفْسًا إِلَّا وُسْعَهَا وَإِذَا
قُلْتُمْ فَاعْدِلُوا وَلَوْ كَانَ ذَا قُرْبَىٰ وَبِعَهْدِ اللَّهِ
أَوْفُوا ذَٰلِكُمْ وَصَّاكُمْ بِهِ لَعَلَّكُمْ تَذَكَّرُونَ (١٥٢)

152 ਯਤੀਮ ਦੇ ਮਾਲ ਦੇ ਨੇੜੇ ਵੀ ਨਾਂ ਜਾਓ ਪਰ ਅਜਿਹੇ ਤਰੀਕੇ ਨਾਲ ਜਾਓ ਜਿਹੜਾ ਸਭ ਤੋਂ ਵਧੀਆ ਹੋ, ਇੱਥੋਂ ਤਕ ਕਿ ਉਹ ਆਪਣੀ ਜਵਾਨੀ ਦੀ ਉਮਰ ਨੂੰ ਪੁੱਜ ਜਾਣ। ਨਾਪ-ਤੋਲ ਵਿਚ ਇਨਸਾਫ਼ ਕਰੋ। ਅਸੀਂ ਕਿਸੇ ਵਿਅਕਤੀ ਉੱਤੇ ਉਸ ਦੀ ਸਮਰਥਾ ਤੋਂ ਵੱਧ ਜ਼ਿੰਮੇਵਾਰ ਨਹੀਂ ਪਾਉਂਦੇ। ਜਦੋਂ ਕੋਈ ਵੀ ਗੱਲ (ਫ਼ੈਸਲਾ) ਕਰੋ ਤਾਂ ਇਨਸਾਫ਼

ਦਾ ਹੀ ਕਰੋ ਭਾਵੇਂ ਉਹ (ਮਾਮਲਾ ਤੁਹਾਡੇ) ਸਕੇ-ਸੰਬੰਧੀ ਦਾ ਹੋਵੇ। ਅੱਲਾਹ ਨਾਲ ਕੀਤੇ ਵਚਨਾਂ ਨੂੰ ਪੂਰਾ ਕਰੋ। ਇਹਨਾਂ (ਗੱਲਾਂ) ਦਾ ਅੱਲਾਹ ਨੇ ਤੁਹਾਨੂੰ ਕਰਨ ਲਈ ਹੁਕਮ ਦਿੱਤਾ ਹੈ ਤਾਂ ਜੋ ਤੁਸੀਂ ਯਾਦ ਰੱਖੋ।

153. (ਅਤੇ ਇਹ ਵੀ ਹੁਕਮ ਦਿੱਤਾ ਹੈ) ਕਿ ਇਹ (ਦੀਨ ਇਸਲਾਮ) ਮੇਰੀ ਰਾਹ ਹੈ ਜਿਹੜਾ ਸਿੱਧਾ ਹੈ, ਸੋ ਤੁਸੀਂ ਇਸੇ ਰਾਹ 'ਤੇ ਚੱਲੋ ਅਤੇ ਦੂਜੀਆਂ ਰਾਹਾਂ 'ਤੇ ਨਾ ਤੁਰੋ, ਉਹ ਰਾਹਾਂ ਤੁਹਾਨੂੰ ਅੱਲਾਹ ਤੋਂ ਜੁਦਾ ਕਰ ਦੇਣਗੀਆਂ। ਅੱਲਾਹ ਨੇ ਤੁਹਾਨੂੰ ਇਸ ਦਾ ਆਦੇਸ਼ ਦਿੱਤਾ ਹੈ ਤਾਂ ਜੋ ਤੁਸੀਂ ਬੁਰਾਈਆਂ ਤੋਂ ਬਚ ਸਕੋ।

وَأَنَّ هَٰذَا صِرَاطِي مُسْتَقِيمًا فَاتَّبِعُوهُ ۖ وَلَا تَتَّبِعُوا
السُّبُلَ فَتَفَرَّقَ بِكُمْ عَن سَبِيلِهِ ۚ ذَٰلِكُمْ
وَصَّاكُم بِهِ لَعَلَّكُمْ تَتَّقُونَ ﴿١٥٣﴾

154. ਅਸੀਂ ਮੂਸਾ ਨੂੰ ਕਿਤਾਬ (ਤੌਰੈਤ) ਇਸ ਲਈ ਦਿੱਤੀ ਸੀ ਕਿ ਚੰਗੇ ਕਰਮ ਕਰਨ ਵਾਲਿਆਂ ਉੱਤੇ ਮੇਰੀਆਂ ਨਿਆਮਤਾਂ ਪੂਰੀਆਂ ਹੋਣ ਅਤੇ ਹਰ ਗੱਲ ਦੀ ਵਿਸਥਾਰ ਨਾਲ ਚਰਚਾ ਕਰਨ ਲਈ ਇਹ ਹਿਦਾਇਤ ਅਤੇ ਰਹਿਮਤਾਂ ਦਾ ਸਾਧਨ ਹੈ। ਤਾਂ ਜੋ ਉਹ ਲੋਕ ਆਪਣੇ ਰੱਬ ਨਾਲ ਮੁਲਾਕਾਤ ਦਾ ਯਕੀਨ ਕਰ ਲੈਣ।

ثُمَّ آتَيْنَا مُوسَى الْكِتَابَ تَمَامًا عَلَى الَّذِي أَحْسَنَ
وَتَفْصِيلًا لِّكُلِّ شَيْءٍ وَهُدًى وَرَحْمَةً
لَّعَلَّهُم بِلِقَاءِ رَبِّهِمْ يُؤْمِنُونَ ﴿١٥٤﴾

155. ਅਤੇ ਇਹ (ਕੁਰਆਨ) ਇਕ ਉੱਚ ਕੋਟੀ ਦੀ ਕਿਤਾਬ ਹੈ ਜਿਸ ਨੂੰ ਅਸੀਂ ਨਾਜ਼ਿਲ ਕੀਤਾ ਹੈ। ਇਹ ਬਰਕਤਾਂ ਵਾਲੀ ਹੈ। ਸੋ ਤੁਸੀਂ ਇਸੇ ਦੀ ਪੈਰਵੀ ਕਰੋ ਅਤੇ ਪਰਹੇਜ਼ਗਾਰ ਬਣੋ ਤਾਂ ਜੋ ਤੁਹਾਡੇ 'ਤੇ ਮਿਹਰਾਂ ਕੀਤੀਆਂ ਜਾਣ।

وَهَٰذَا كِتَابٌ أَنزَلْنَاهُ مُبَارَكٌ فَاتَّبِعُوهُ
وَاتَّقُوا لَعَلَّكُمْ تُرْحَمُونَ ﴿١٥٥﴾

156. ਤਾਂ ਜੋ ਤੁਸੀਂ ਇਹ ਨਾ ਕਹਿ ਸਕੋ ਕਿ ਕਿਤਾਬ ਤਾਂ ਸਾਥੋਂ ਪਹਿਲੇ ਦੋ ਫ਼ਿਰਕਿਆਂ (ਯਹੂਦੀ ਤੇ ਈਸਾਈ) ਉੱਤੇ ਹੀ ਉਤਾਰੀ ਗਈ ਸੀ ਅਤੇ ਅਸੀਂ ਤਾਂ ਉਹਨਾਂ ਦੇ ਪੜ੍ਹਨ ਪੜ੍ਹਾਉਣ ਤੋਂ ਬੇਖ਼ਬਰ ਸੀ।

أَن تَقُولُوا إِنَّمَا أُنزِلَ الْكِتَابُ عَلَىٰ طَائِفَتَيْنِ
مِن قَبْلِنَا وَإِن كُنَّا عَن دِرَاسَتِهِمْ لَغَافِلِينَ ﴿١٥٦﴾

157. ਜਾਂ ਤੁਸੀਂ (ਇਹ ਨਾ ਕਹੋ) ਕਿ ਜੇ ਸਾਡੇ ਉੱਤੇ ਕੋਈ ਕਿਤਾਬ ਨਾਜ਼ਿਲ ਹੋਈ ਹੁੰਦੀ ਤਾਂ ਅਸੀਂ ਇਹਨਾਂ ਤੋਂ ਵੀ ਕਿਤੇ ਵੱਧ ਸਿੱਧੇ ਰਸਤੇ 'ਤੇ ਹੁੰਦੇ। ਸੋ ਹੁਣ ਤੁਹਾਡੇ ਕੋਲ ਤੁਹਾਡੇ ਰੱਬ ਵੱਲੋਂ ਇਕ ਖੁੱਲੀ ਕਿਤਾਬ ਆ ਗਈ ਹੈ ਜਿਹੜੀ ਰਾਹਨੁਮਾਈ ਦਾ ਸਾਧਨ ਹੈ ਅਤੇ ਰਹਿਮਤ ਵੀ ਹੈ। ਉਸ ਵਿਅਕਤੀ ਤੋਂ ਵਧਕੇ ਜ਼ਾਲਮ ਕੌਣ ਹੋਵੇਗਾ ਜਿਹੜਾ ਅੱਲਾਹ ਦੀਆਂ ਆਇਤਾਂ ਤੋਂ ਮੂੰਹ ਮੋੜਦਾ ਹੈ? ਅਸੀਂ ਛੇਤੀ ਹੀ ਇਹਨਾਂ ਲੋਕਾਂ ਨੂੰ ਅਜ਼ਾਬ ਦੀ ਸ਼ਕਲ ਵਿਚ ਸਜ਼ਾ ਦੇਵਾਂਗੇ ਕਿਉਂ ਜੋ ਉਹ ਹੱਕ ਤੋਂ ਮੂੰਹ ਮੋੜਦੇ ਸਨ।

أَوْ تَقُولُوا لَوْ أَنَّا أُنزِلَ عَلَيْنَا الْكِتَابُ لَكُنَّا أَهْدَىٰ مِنْهُمْ ۚ فَقَدْ جَاءَكُم بَيِّنَةٌ مِّن رَّبِّكُمْ وَهُدًى وَرَحْمَةٌ ۚ فَمَنْ أَظْلَمُ مِمَّن كَذَّبَ بِآيَاتِ اللَّهِ وَصَدَفَ عَنْهَا ۗ سَنَجْزِي الَّذِينَ يَصْدِفُونَ عَنْ آيَاتِنَا سُوءَ الْعَذَابِ بِمَا كَانُوا يَصْدِفُونَ ﴿١٥٧﴾

158. ਕੀ ਇਹ ਲੋਕ ਇਸ ਗੱਲ ਦੀ ਉਡੀਕ ਵਿਚ ਹਨ ਕਿ ਇਹਨਾਂ ਕੋਲ ਫ਼ਰਿਸ਼ਤੇ ਆਉਣ ਜਾਂ ਤੁਹਾਡਾ ਰੱਬ ਆਵੇ ਜਾਂ ਤੁਹਾਡੇ ਰੱਬ ਵੱਲੋਂ ਕੋਈ ਨਿਸ਼ਾਨੀ ਆਵੇ? ਜਿਸ ਦਿਨ ਤੁਹਾਡੇ ਰੱਬ ਵੱਲੋਂ ਕੋਈ ਵੱਡੀ ਨਿਸ਼ਾਨੀ ਆ ਜਾਵੇਗੀ ਤਾਂ ਕਿਸੇ ਵੀ ਅਜਿਹੇ ਵਿਅਕਤੀ ਦਾ ਈਮਾਨ ਉਸ ਦੇ ਕੰਮ ਨਹੀਂ ਆਵੇਗਾ ਜਿਹੜਾ ਇਸ (ਨਿਸ਼ਾਨੀ ਆਉਣ ਤੋਂ) ਪਹਿਲਾਂ ਈਮਾਨ ਨਹੀਂ ਰੱਖਦਾ ਸੀ,[1] ਜਾਂ ਉਸ ਨੇ ਆਪਣੇ

هَلْ يَنظُرُونَ إِلَّا أَن تَأْتِيَهُمُ الْمَلَائِكَةُ أَوْ يَأْتِيَ رَبُّكَ أَوْ يَأْتِيَ بَعْضُ آيَاتِ رَبِّكَ ۗ يَوْمَ يَأْتِي بَعْضُ آيَاتِ رَبِّكَ لَا يَنفَعُ نَفْسًا إِيمَانُهَا لَمْ تَكُنْ آمَنَتْ مِن قَبْلُ أَوْ كَسَبَتْ فِي إِيمَانِهَا خَيْرًا ۗ قُلِ انتَظِرُوا إِنَّا مُنتَظِرُونَ ﴿١٥٨﴾

[1] ਇਸ ਤੋਂ ਭਾਵ ਕਿਆਮਤ ਨੇੜੇ ਪ੍ਰਗਟ ਹੋਣ ਵਾਲੀਆਂ ਨਿਸ਼ਾਨੀਆਂ ਵਿੱਚੋਂ ਇਕ ਵੱਡੀ ਨਿਸ਼ਾਨੀ ਹੈ ਜਿਸ ਦੇ ਪ੍ਰਗਟ ਹੋਣ ਤੋਂ ਬਾਅਦ ਈਮਾਨ ਤੇ ਤੌਬਾ ਦਾ ਬੂਹਾ ਬੰਦ ਹੋ ਜਾਵੇਗਾ ਫੇਰ ਕਿਸੇ ਦਾ ਈਮਾਨ ਲਿਆਉਣ ਜਾਂ ਤੌਬਾ ਕਰਨਾ ਕੋਈ ਲਾਭ ਨਹੀਂ ਦੇਵੇਗਾ। ਜੋ ਹਦੀਸ ਵਿਚ ਹੈ ਕਿ ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ, ਕਿਆਮਤ ਉਸ ਵੇਲੇ ਤਕ ਨਹੀਂ ਆਵੇਗੀ ਜਦੋਂ ਤਕ ਸੂਰਜ ਪੱਛਮ ਤੋਂ ਨਾ ਨਿਕਲੇ ਅਤੇ ਜਦੋਂ ਲੋਕ ਇਸ ਨੂੰ ਪੱਛਮ ਤੋਂ ਨਿਕਲਦਾ ਹੋਇਆ ਵੇਖਣਗੇ ਤਾਂ ਉਸ ਸਮੇਂ ਜਿਹੜਾ ਵੀ ਕੋਈ ਧਰਤੀ 'ਤੇ ਹੋਵੇਗਾ ਈਮਾਨ ਲਿਆਵੇਗਾ ਪਰ ਉਸ ਸਮੇਂ ਕਿਸੇ ਵਿਅਕਤੀ ਦਾ ਈਮਾਨ ਲਿਆਉਣਾ ਜੇ ਉਹ ਪਹਿਲਾਂ ਈਮਾਨ ਨਹੀਂ ਲਿਆਇਆ ਹੋਵੇਗਾ ਉਸ ਨੂੰ ਕੋਈ ਲਾਭ ਨਹੀਂ ਦੇਵੇਗਾ (ਸਹੀ ਬੁਖ਼ਾਰੀ ਹਦੀਸ: 4635)

ਇਕ ਦੂਜੀ ਹਦੀਸ ਵਿਚ ਅੱਲਾਹ ਦੇ ਰਸੂਲ (ਸ:) ਦਾ ਇਰਸ਼ਾਦ ਹੈ ਕਿ ਜਦੋਂ ਤਿੰਨ ਨਿਸ਼ਾਨੀਆਂ ਪ੍ਰਗਟ ਹੋ ਜਾਣ ਤਾਂ ਉਸ ਸਮੇਂ ਕਿਸੇ ਵਿਅਕਤੀ ਦਾ ਈਮਾਨ ਲੈ ਆਉਣਾ, ਜੇ ਉਹ ਪਹਿਲਾਂ ਈਮਾਨ ਵਾਲਾ ਨਹੀਂ ਸੀ, ਕੋਈ ਲਾਭ ਨਹੀਂ ਦੇਵੇਗਾ (1) ਸੂਰਜ ਦਾ ਪੱਛਮ ਦਿਸ਼ਾ ਤੋਂ ਨਿਕਲਣਾ (2) ਦੱਜਾਲ ਦਾ ਆਉਣਾ) (3) ਧਰਤੀ 'ਚੋਂ ਜਾਨਵਰ ਦਾ ਨਿਕਲਣਾ (ਸਹੀ

ਈਮਾਨ ਵਿਚ ਰਹਿੰਦੇ ਹੋਏ ਕੋਈ ਨੇਕ ਅਮਲ ਨਾ ਕੀਤਾ ਹੋਵੇ। (ਹੇ ਨਬੀ!) ਤੁਸੀਂ ਆਖੋ ਕਿ ਤੁਸੀਂ ਵੀ (ਰੱਬੀ ਫ਼ੈਸਲੇ ਦੀ) ਉਡੀਕ ਕਰੋ ਅਸੀਂ ਵੀ ਉਡੀਕ ਕਰਦੇ ਹਾਂ।

إِنَّ الَّذِينَ فَرَّقُوا دِينَهُمْ وَكَانُوا شِيَعًا لَّسْتَ
مِنْهُمْ فِي شَيْءٍ ۚ إِنَّمَا أَمْرُهُمْ إِلَى اللَّهِ ثُمَّ
يُنَبِّئُهُم بِمَا كَانُوا يَفْعَلُونَ ١٥٩

159 ਜਿਨ੍ਹਾਂ ਲੋਕਾਂ ਨੇ ਆਪਣੇ ਦੀਨ ਨੂੰ ਅੱਡ-ਅੱਡ ਕਰ ਰੱਖਿਆ ਹੈ ਅਤੇ ਧੜ੍ਹਿਆਂ ਵਿਚ ਵੰਡੇ ਹੋਏ ਹਨ। ਹੇ ਨਬੀ! ਤੁਹਾਡਾ ਉਹਨਾਂ ਨਾਲ ਕੋਈ ਸੰਬੰਧ ਨਹੀਂ, ਉਹਨਾਂ ਦਾ ਮਾਮਲਾ ਅੱਲਾਹ ਦੇ ਹਵਾਲੇ ਹੈ ਫੇਰ ਉਹ ਉਹਨਾਂ ਨੂੰ ਦੱਸੇਗਾ ਜਿਹੜੇ ਕੰਮ ਉਹ ਕਰਿਆ ਕਰਦੇ ਸਨ।[1]

مَن جَاءَ بِالْحَسَنَةِ فَلَهُ عَشْرُ أَمْثَالِهَا ۖ وَمَن
جَاءَ بِالسَّيِّئَةِ فَلَا يُجْزَىٰ إِلَّا مِثْلَهَا وَهُمْ
لَا يُظْلَمُونَ ١٦٠

160. ਜਿਹੜਾ ਵਿਅਕਤੀ ਅੱਲਾਹ ਦੇ ਹਜ਼ੂਰ ਇਕ ਨੇਕੀ ਲੈ ਕੇ ਹਾਜ਼ਰ ਹੋਵੇਗਾ ਉਸ ਨੂੰ ਉਸ ਦਾ ਦਸ ਗੁਣਾ ਬਦਲਾ ਮਿਲੇਗਾ। ਜਿਹੜਾ ਇਕ ਬੁਰਾਈ ਕਰੇਗਾ ਉਸ ਨੂੰ ਉਸ ਦੇ ਬਰਾਬਰ ਸਜ਼ਾ ਮਿਲੇਗੀ।[2] ਕਿਸੇ 'ਤੇ ਕੋਈ ਜ਼ੁਲਮ ਨਹੀਂ ਕੀਤਾ ਜਾਵੇਗਾ।

ਬੁਖ਼ਾਰੀ, ਹਦੀਸ: 160) ਰਸੂਲ (ਸ:) ਨੇ ਫ਼ਰਮਾਇਆ, ਕੋਈ ਵੀ ਨਬੀ ਅਜਿਹਾ ਨਹੀਂ ਹੋਇਆ ਜਿਸ ਨੇ ਆਪਣੀ ਉੱਮਤ ਨੂੰ ਝੂਠੇ ਕਾਣੇ ਦੱਜਾਲ ਤੋਂ ਨਾ ਡਰਾਇਆ ਹੋਵੇ ਸਾਵਧਾਨ ਰਹੋ ਉਹ ਕਾਣਾ ਹੋਵੇਗਾ ਤੁਹਾਡਾ ਰੱਬ ਕਾਣਾ ਨਹੀਂ ਉਸ ਦੀਆਂ ਦੋਵੇਂ ਅੱਖਾਂ ਦੇ ਵਿਚਕਾਰ ਕਾਫ਼ਿਰ ਲਿਖਿਆ ਹੋਵੇਗਾ। (ਸਹੀ ਬੁਖ਼ਾਰੀ, ਹਦੀਸ: 7131)

[1] ਇਸ ਆਇਤ ਵਿਚ ਧੜੇ ਬੰਦੀ ਅਤੇ ਦੀਨ ਵਿਚ ਨਵੀਆਂ ਨਵੀਆਂ ਗੱਲਾਂ (ਬਿਦਆਤ) ਘੜਣ ਦੀ ਨਿਖੇਧੀ ਕੀਤੀ ਗਈ ਹੈ। ਨਬੀ (ਸ:) ਦਾ ਇਸ ਆਇਤ ਦੇ ਸੰਬੰਧ ਵਿਚ ਕਹਿਣਾ ਹੈ ਕਿ ਇਹ ਉਹ ਲੋਕ ਹਨ ਜਿਨ੍ਹਾਂ ਨੇ ਦੀਨ ਵਿਚ ਨਵੀਆਂ ਨਵੀਆਂ ਗੱਲਾਂ ਘੜੀਆਂ ਅਤੇ ਜਿਹੜੇ ਆਪਣੀਆਂ ਇੱਛਾਵਾਂ ਦੇ ਪਿੱਛੇ ਲੱਗੇ ਰਹਿੰਦੇ ਹਨ ਅੱਲਾਹ ਉਹਨਾਂ ਦੀ ਦੁਆ ਨੂੰ ਕਬੂਲ ਨਹੀਂ ਕਰਦਾ। (ਤਫ਼ਸੀਰ ਕੁਰਤਬੀ 150/7) ਨਬੀ (ਸ:) ਨੇ ਫ਼ਰਮਾਇਆ ਯਹੂਦੀ 71 ਧੜ੍ਹਿਆਂ ਵਿਚ ਜਾਂ 72 ਧੜ੍ਹਿਆਂ ਵਿਚ ਵੰਡੇ ਗਏ ਸਨ ਅਤੇ ਇਹ ਉੱਮਤ 73 ਧੜ੍ਹਿਆਂ ਵਿਚ ਵੰਡੀ ਜਾਵੇਗੀ ਅਤੇ ਸਾਰੇ ਨਰਕ ਵਿਚ ਜਾਣਗੇ ਛੁੱਟ ਇਕ ਧੜੇ ਤੋਂ ਇਹ ਜੰਨਤੀ ਧੜਾ ਹੋਵੇਗਾ ਜਿਹੜਾ ਮੇਰੇ ਅਤੇ ਮੇਰੇ ਸਹਾਬਾ (ਸਾਥੀਆਂ) ਦੀ ਪੈਰਵੀ ਕਰੇਗਾ।

[2] ਇਸ ਵਿਚ ਅੱਲਾਹ ਦੇ ਉਸ ਫ਼ਜ਼ਲੋਂ ਕਰਮ ਦਾ ਬਿਆਨ ਹੈ ਜਿਸ ਦਾ ਪ੍ਰਗਟਾਵਾ ਨੇਕੀ ਅਤੇ ਬੁਰਾਈ ਦਾ ਬਦਲਾ ਦੇਣ ਸਮੇਂ ਹੋਵੇਗਾ। ਵੇਖੋ ਸੂਰਤ ਅਲ-ਅਨਾਮ, ਹਾਸ਼ੀਆ ਆਇਤ 61/6

قل إنني هداني ربي إلى صراط مستقيم دينا قيما ملة إبراهيم حنيفا وما كان من المشركين ﴿١٦١﴾

161. (ਹੇ ਨਬੀ!) ਤੁਸੀਂ ਆਖੋ ਕਿ ਬੇਸ਼ੱਕ ਮੇਰੇ ਰੱਬ ਨੇ ਮੈਨੂੰ ਸਿੱਧੀ ਰਾਹ ਵੱਲ ਚੱਲਣ ਦੀ ਹਿਦਾਇਤ ਦਿੱਤੀ ਹੈ ਜੋ ਕਿ ਉੱਚੀਆਂ ਕਦਰਾਂ ਵਾਲਾ ਦੀਨ ਹੈ, ਜਿਹੜਾ ਇਕ ਰੱਬ ਦੀ ਬੰਦਗੀ ਕਰਨ ਵਾਲੇ ਇਬਰਾਹੀਮ ਦਾ ਦੀਨ ਹੈ ਅਤੇ ਉਹ ਮੁਸ਼ਰਿਕਾਂ ਵਿੱਚੋਂ ਨਹੀਂ ਸੀ।

قل إن صلاتي ونسكي ومحياي ومماتي لله رب العالمين ﴿١٦٢﴾

162. (ਹੇ ਨਬੀ!) ਤੁਸੀਂ ਆਖ ਦਿਓ ਕਿ ਮੇਰੀ ਨਮਾਜ਼, ਮੇਰੀ ਕੁਰਬਾਨੀ, ਮੇਰਾ ਜੀਣਾ ਤੇ ਮੇਰਾ ਮਰਨਾ, ਇਹ ਸਭ ਅੱਲਾਹ ਵਾਸਤੇ ਹੀ ਹੈ ਜਿਹੜਾ ਸਾਰੀ ਸ੍ਰਿਸ਼ਟੀ ਦਾ ਮਾਲਿਕ ਹੈ।

لا شريك له وبذلك أمرت وأنا أول المسلمين ﴿١٦٣﴾

163. ਉਸ ਦਾ ਕੋਈ ਸਾਂਝੀ ਨਹੀਂ ਅਤੇ ਮੈਨੂੰ ਇਸੇ ਦਾ ਹੁਕਮ ਹੋਇਆ ਹੈ ਅਤੇ ਸਭ ਤੋਂ ਪਹਿਲਾਂ ਮੈਂ (ਉਸ ਦੇ ਹੁਕਮਾਂ ਨੂੰ) ਮੰਨਣ ਵਾਲਾ ਹਾਂ।

قل أغير الله أبغي ربا وهو رب كل شيء ولا تكسب كل نفس إلا عليها ولا تزر وازرة وزر أخرى ثم إلى ربكم مرجعكم فينبئكم بما كنتم فيه تختلفون ﴿١٦٤﴾

164 (ਹੇ ਨਬੀ) ਤੁਸੀਂ ਕਹੋ, ਕੀ ਮੈਂ ਅੱਲਾਹ ਨੂੰ ਛੱਡ ਕੇ ਕਿਸੇ ਹੋਰ ਨੂੰ ਰੱਬ ਬਣਾਉਣ ਲਈ ਭਾਲਦਾ ਫਿਰਾਂ, ਜਦ ਕਿ ਉਹ ਹਰ ਚੀਜ਼ ਦਾ ਮਾਲਿਕ ਹੈ। ਕੋਈ ਵੀ ਵਿਅਕਤੀ ਅਜਿਹਾ (ਗੁਨਾਹ) ਨਹੀਂ ਕਮਾਉਂਦਾ ਜਿਸ ਦਾ ਬੋਝ-ਭਾਰ ਉਸੇ 'ਤੇ ਨਾ ਹੋਵੇ। ਕੋਈ ਵੀ ਭਾਰ ਚੁੱਕਣ ਵਾਲਾ ਕਿਸੇ ਦੂਜੇ ਦਾ ਭਾਰ ਨਹੀਂ ਚੁੱਕੇਗਾ। ਤੁਸੀਂ ਸਭ ਨੇ ਆਪਣੇ ਰੱਬ ਦੇ ਕੋਲ ਹੀ ਜਾਣਾ ਹੈ, ਫੇਰ ਉਹ ਤੁਹਾਨੂੰ ਦੱਸੇਗਾ ਜਿਸ ਚੀਜ਼ ਵਿਚ ਤੁਸੀਂ ਮਤਭੇਦ ਰੱਖਦੇ ਸੀ।

وهو الذي جعلكم خلائف الأرض ورفع بعضكم فوق بعض درجات ليبلوكم في ما آتاكم إن ربك سريع العقاب وإنه لغفور رحيم ﴿١٦٥﴾

165. ਅਤੇ ਉਹੀਓ ਹੈ ਜਿਸ ਨੇ ਧਰਤੀ 'ਤੇ ਤੁਹਾਨੂੰ ਇਕ ਦੂਜੇ ਦਾ ਉੱਤਰ-ਅਧਿਕਾਰੀ ਬਣਾਇਆ ਅਤੇ ਤੁਹਾਡੇ ਵਿੱਚੋਂ ਕਈਆਂ ਨੂੰ ਉੱਚੇ ਦਰਜੇ ਬਖ਼ਸ਼ੇ ਤਾਂ ਜੋ ਉਹ ਉਹਨਾਂ ਨਿਆਮਤਾਂ ਦੁਆਰਾ ਤੁਹਾਡੀ ਪਰਖ ਕਰੇ ਜਿਹੜੀਆਂ ਉਸ ਨੇ ਤੁਹਾਨੂੰ ਬਖ਼ਸ਼ੀਆਂ ਹਨ। ਤੁਹਾਡਾ

ਰੱਬ ਸਜ਼ਾ ਦੇਣ ਵਿਚ ਬਹੁਤ ਤੇਜ਼ ਹੈ ਅਤੇ ਬੇਸ਼ੱਕ ਉਹ ਅਤਿ ਬਖ਼ਸ਼ਣਹਾਰ ਤੇ ਰਹਿਮ ਕਰਨ ਵਾਲਾ ਹੈ।

7. ਸੂਰਤ ਅਲ-ਆਰਾਫ਼ (ਮੱਕੀ-39)

سُوْرَةُ الْاَعْرَافِ

(ਆਇਤਾਂ 206, ਰੁਕੂਅ 24)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਅਲਿਫ਼, ਲਾਮ, ਮੀਮ, ਸੁਆਦ,

الٓمٓصٓ ﴿١﴾

2 (ਹੇ ਨਬੀ!) ਇਹ ਕਿਤਾਬ (ਕੁਰਆਨ) ਤੁਹਾਡੇ (ਮੁਹੰਮਦ ਸ:) ਵੱਲ ਘੱਲੀ ਗਈ ਹੈ (ਤਾਂ ਜੋ) ਤੁਸੀਂ ਇਸ ਦੁਆਰਾ ਲੋਕਾਂ ਨੂੰ ਰੱਬ ਦੇ ਅਜ਼ਾਬ ਤੋਂ ਡਰਾਓ। ਸੋ ਤੁਹਾਡੇ ਮਨ ਵਿਚ (ਕਿਸੇ ਵੀ ਪ੍ਰਕਾਰ ਦੀ) ਕੋਈ ਤੰਗੀ (ਘੁਟਣ) ਨਹੀਂ ਹੋਣੀ ਚਾਹੀਦੀ ਜਦ ਕਿ ਇਹ ਕੁਰਆਨ ਈਮਾਨ ਲਿਆਉਣ ਵਾਲਿਆਂ ਲਈ ਇਕ ਨਸੀਹਤ ਹੈ।

كِتٰبٌ اُنْزِلَ اِلَيْكَ فَلَا يَكُنْ فِيْ صَدْرِكَ حَرَجٌ مِّنْهُ لِتُنْذِرَ بِهٖ وَذِكْرٰى لِلْمُؤْمِنِيْنَ ﴿٢﴾

3. (ਹੇ ਈਮਾਨ ਵਾਲਿਓ!) ਤੁਸੀਂ ਲੋਕ ਇਸੇ (ਕੁਰਆਨ) ਦੀ ਪਾਲਣਾ ਕਰੋ ਜਿਹੜਾ ਤੁਹਾਡੇ ਰੱਬ ਵੱਲੋਂ ਤੁਹਾਡੇ ਵੱਲ ਨਾਜ਼ਿਲ ਕੀਤਾ ਗਿਆ ਹੈ ਅਤੇ ਤੁਸੀਂ (ਅੱਲਾਹ ਨੂੰ ਛੱਡ ਕੇ) ਹੋਰਾਂ (ਇਸ਼ਟਾਂ) ਦੀ ਤਾਬੇਦਾਰੀ ਨਾ ਕਰੋ। ਤੁਸੀਂ ਲੋਕ ਤਾਂ ਬਹੁਤ ਹੀ ਘੱਟ ਨਸੀਹਤ ਮੰਨਦੇ ਹੋ।

اِتَّبِعُوْا مَاۤ اُنْزِلَ اِلَيْكُمْ مِّنْ رَّبِّكُمْ وَلَا تَتَّبِعُوْا مِنْ دُوْنِهٖۤ اَوْلِيَآءَ ؕ قَلِيْلًا مَّا تَذَكَّرُوْنَ ﴿٣﴾

4. ਬਥੇਰੀਆਂ ਹੀ ਬਸਤੀਆਂ ਅਜਿਹੀਆਂ ਹਨ ਜਿਨ੍ਹਾਂ ਨੂੰ ਅਸੀਂ ਬਰਬਾਦ ਕੀਤਾ ਹੈ ਅਤੇ ਉਹਨਾਂ ਉੱਤੇ ਸਾਡਾ ਅਜ਼ਾਬ ਉਸ ਵੇਲੇ ਆਇਆ ਜਦੋਂ ਉਹ ਰਾਤ ਨੂੰ ਸੁੱਤੇ ਪਏ ਹੋਏ ਸੀ ਜਾਂ ਦੁਪਹਿਰ ਸਮੇਂ, ਜਦੋਂ ਉਹ ਆਰਾਮ ਕਰ ਰਹੇ ਸਨ।

وَكَمْ مِّنْ قَرْيَةٍ اَهْلَكْنٰهَا فَجَآءَهَا بَاْسُنَا بَيَاتًا اَوْ هُمْ قَآئِلُوْنَ ﴿٤﴾

5 ਸੋ ਜਦੋਂ ਉਹਨਾਂ 'ਤੇ ਸਾਡਾ ਅਜ਼ਾਬ ਆਇਆ ਤਾਂ ਉਸ ਸਮੇਂ ਉਹਨਾਂ ਦੇ ਮੂੰਹਾਂ ਤੋਂ ਛੁੱਟ ਇਸ ਤੋਂ ਹੋਰ ਕੁੱਝ ਨਹੀਂ ਨਿਕਲਿਆ ਕਿ ਜ਼ਾਲਮ ਤਾਂ ਅਸੀਂ ਆਪ ਹੀ ਸਾਂ।

فَمَا كَانَ دَعْوٰىهُمْ إِذْ جَاءَهُمْ بَأْسُنَا إِلَّا أَنْ قَالُوا إِنَّا كُنَّا ظٰلِمِينَ ۝٥

6. ਫੇਰ ਅਸੀਂ ਉਹਨਾਂ ਲੋਕਾਂ ਤੋਂ ਹਰੇਕ ਸਵਾਲ ਪੁੱਛਾਂਗੇ ਜਿਨ੍ਹਾਂ ਵੱਲ ਰਸੂਲ ਭੇਜੇ ਗਏ ਸਨ ਅਤੇ ਅਸੀਂ ਪੈਗ਼ੰਬਰਾਂ ਤੋਂ ਵੀ ਪੁੱਛਾਂਗੇ।

فَلَنَسْـَٔلَنَّ الَّذِينَ أُرْسِلَ إِلَيْهِمْ وَلَنَسْـَٔلَنَّ الْمُرْسَلِينَ ۝٦

7 ਫੇਰ ਅਸੀਂ (ਸਭ ਕੁੱਝ) ਆਪਣੇ ਗਿਆਨ ਦੇ ਆਧਾਰਿਤ ਉਹਨਾਂ ਦੇ ਸਾਹਮਣੇ (ਉਹਨਾਂ ਦੀਆਂ ਕਰਤੂਤਾਂ) ਬਿਆਨ ਕਰਾਂਗੇ, ਅਸੀਂ (ਦੁਨੀਆਂ 'ਚੋਂ) ਅਲੋਪ ਨਹੀਂ ਸੀ।

فَلَنَقُصَّنَّ عَلَيْهِمْ بِعِلْمٍ وَمَا كُنَّا غَائِبِينَ ۝٧

8 ਉਸ ਦਿਨ (ਕਿਆਮਤ ਦਿਹਾੜੇ) ਅਮਲਾਂ ਦਾ ਤੋਲ ਹੱਕ ਅਨੁਸਾਰ ਹੀ ਹੋਵੇਗਾ ਫੇਰ ਜਿਸ ਦਾ ਪਲੜਾ (ਨੇਕ ਅਮਲਾਂ ਦਾ) ਭਾਰੀ ਹੋਵੇਗਾ ਉਹੀਓ ਕਾਮਯਾਬ ਹੋਵੇਗਾ।[1]

وَالْوَزْنُ يَوْمَئِذٍ الْحَقُّ ۚ فَمَنْ ثَقُلَتْ مَوٰزِينُهُ فَأُولٰئِكَ هُمُ الْمُفْلِحُونَ ۝٨

9. ਜਿਨ੍ਹਾਂ (ਦੇ ਨੇਕ ਅਮਲਾਂ) ਦਾ ਪਲੜਾ ਹਲਕਾ ਹੋਵੇਗਾ, ਇਹ ਉਹ ਲੋਕ ਹੋਣਗੇ ਜਿਨ੍ਹਾਂ ਨੇ ਆਪਣਾ ਆਪ ਨੂੰ ਘਾਟੇ ਵਿਚ ਪਾਇਆ ਹੋਵੇਗਾ ਕਿਉਂ

وَمَنْ خَفَّتْ مَوٰزِينُهُ فَأُولٰئِكَ الَّذِينَ خَسِرُوا أَنْفُسَهُمْ بِمَا كَانُوا بِـَٔايٰتِنَا يَظْلِمُونَ ۝٩

---

[1] ਇਸ ਆਇਤ ਵਿਚ ਅਮਲਾਂ ਦੇ ਭਾਰ ਦੀ ਗੱਲ ਕੀਤੀ ਗਈ ਹੈ ਭਾਵ ਕਿਆਮਤ ਦਿਹਾੜੇ ਮਨੁੱਖਾਂ ਦੇ ਅਮਲਾਂ ਨੂੰ ਤੋਲਿਆ ਜਾਵੇਗਾ ਸੂਰਤ ਅੰਬੀਆ ਦੀ ਆਇਤ ਵਿਚ ਕੁਰਆਨ ਫ਼ਰਮਾਉਂਦਾ ਹੈ ਕਿ ਕਿਆਮਤ ਦੇ ਦਿਨ ਅੱਲਾਹ ਲੋਕਾਂ ਦੇ ਅਮਲਾਂ ਨੂੰ ਇਕ ਇਨਸਾਫ਼ ਦੇ ਪੈਮਾਨੇ ਦੁਆਰਾ ਤੋਲੇਗਾ। ਹਦੀਸ ਵਿਚ ਵੀ ਅਮਲਾਂ ਨੂੰ ਤੋਲਣ ਦੀ ਚਰਚਾ ਕੀਤੀ ਗਈ ਹੈ ਜਿਵੇਂ ਨਬੀ ਕਰੀਮ (ਸ:) ਨੇ ਫ਼ਰਮਾਇਆ ਕਿ ਦੋ ਕਲਮੇ ਅੱਲਾਹ ਨੂੰ ਬਹੁਤ ਹੀ ਪਸੰਦ ਹਨ ਜਿਹੜੇ ਜ਼ੁਬਾਨ ਲਈ ਬਹੁਤ ਹਲਕੇ ਅਤੇ ਤੋਲਣ ਵਿਚ ਬਹੁਤ ਭਾਰ ਰੱਖਦੇ ਹਨ ਉਹ ਹਨ ਸੁਬਹਾਨੱਲਾ ਹੀ ਵਾਬੀ ਹਮਦੀ ਹੀ ਸੁਬਹਾ-ਨੱਲਾਹਿਲ-ਅਜ਼ੀਮ ਭਾਵ ਅੱਲਾਹ ਪਾਕ ਹੈ ਆਪਣੀਆਂ ਸਾਰੀਆਂ ਖ਼ੂਬੀਆਂ ਸਣੇ ਅੱਲਾਹ ਪਾਕ ਹੈ ਅਤੇ ਉੱਚੀ ਵਡਿਆਈ ਵਾਲਾ ਹੈ। (ਸਹੀ ਬੁਖ਼ਾਰੀ, ਹਦੀਸ: 7563) ਭਾਵ ਕਿ ਮੈਂ ਅੱਲਾਹ ਨੂੰ ਉਹਨਾਂ ਸਾਰੀਆਂ ਗੱਲਾਂ ਤੋਂ ਪਾਕ ਸਮਝਦਾ ਹਾਂ ਜਿਹੜੀਆਂ ਉਸ ਦੀ ਸ਼ਾਨ ਦੇ ਵਿਰੁੱਧ ਹਨ ਅਤੇ ਮੈਂ ਅੱਲਾਹ ਨੂੰ ਉਹਨਾਂ ਸਾਰੀਆਂ ਗੱਲਾਂ ਤੋਂ ਬਹੁਤ ਉੱਚਾ ਸਮਝਦਾ ਹਾਂ ਜਿਹੜੀਆਂ ਉਸ ਨਾਲ ਜੋੜੀਆਂ ਜਾਂਦੀਆਂ ਹਨ, ਮੈਂ ਤਾਂ ਉਸ ਦੀ ਪ੍ਰਸ਼ੰਸਾ ਅਤੇ ਵਡਿਆਈ ਬਿਆਨ ਕਰਦਾ ਹਾਂ।

ਜੋ ਉਹ ਮੇਰੀਆਂ ਆਇਤਾਂ ਨਾਲ ਜ਼ੁਲਮ ਕਰਦੇ ਸਨ।

10. ਨਿਰਸੰਦੇਹ, ਅਸਾਂ ਤੁਹਾਨੂੰ ਧਰਤੀ 'ਤੇ ਰਹਿਣ ਦਾ ਅਧਿਕਾਰ ਦਿੱਤਾ ਅਤੇ ਤੁਹਾਡੇ ਲਈ ਇਸ ਵਿਚ (ਹਰ ਪ੍ਰਕਾਰ ਦੀ) ਜੀਵਨ ਸਮੱਗਰੀ ਪੈਦਾ ਕੀਤੀ, ਪਰ ਤੁਸੀਂ ਲੋਕ ਬਹੁਤ ਹੀ ਘੱਟ ਸ਼ੁਕਰ ਅਦਾ ਕਰਦੇ ਹੋ।

وَلَقَدْ مَكَّنَّاكُمْ فِي الْأَرْضِ وَجَعَلْنَا لَكُمْ فِيهَا مَعَايِشَ ۗ قَلِيلًا مَا تَشْكُرُونَ

11. ਅਸੀਂ ਹੀ ਤੁਹਾਨੂੰ ਪੈਦਾ ਕੀਤਾ ਫੇਰ ਤੁਹਾਡੀਆਂ ਸ਼ਕਲਾਂ ਬਣਾਈਆਂ। ਫੇਰ ਅਸੀਂ ਫ਼ਰਿਸ਼ਤਿਆਂ ਨੂੰ ਆਖਿਆ ਕਿ ਆਦਮ ਨੂੰ ਸਿਜਦਾ ਕਰੋ, ਸੋ ਛੁੱਟ ਇਬਲੀਸ ਤੋਂ ਸਾਰਿਆਂ ਨੇ ਸਿਜਦਾ ਕਰ ਦਿੱਤਾ, ਉਹ ਸਿਜਦਾ ਕਰਨ ਵਾਲਿਆਂ ਵਿਚ ਸ਼ਾਮਿਲ ਨਹੀਂ ਹੋਇਆ।

وَلَقَدْ خَلَقْنَاكُمْ ثُمَّ صَوَّرْنَاكُمْ ثُمَّ قُلْنَا لِلْمَلَائِكَةِ اسْجُدُوا لِآدَمَ فَسَجَدُوا إِلَّا إِبْلِيسَ لَمْ يَكُنْ مِنَ السَّاجِدِينَ (11)

12. ਅੱਲਾਹ ਨੇ ਇਬਲੀਸ ਤੋਂ ਪੁੱਛਿਆ ਕਿ ਤੈਨੂੰ ਕਿਸ ਗੱਲ ਨੇ ਸਿਜਦਾ ਕਰਨ ਤੋਂ ਰੋਕ ਕੇ ਰੱਖਿਆ ਜਦ ਕਿ ਮੈਂ ਤੈਨੂੰ ਹੁਕਮ ਦਿੱਤਾ ਸੀ। ਉਹ (ਇਬਲੀਸ) ਆਖਣ ਲੱਗਾ ਕਿ ਮੈਂ ਇਸ (ਆਦਮ) ਤੋਂ ਚੰਗੇਰਾ ਹਾਂ ਕਿਉਂ ਜੋ ਤੂੰ ਮੈਨੂੰ ਅੱਗ ਤੋਂ ਪੈਦਾ ਕੀਤਾ ਹੈ ਅਤੇ ਇਸ (ਆਦਮ) ਨੂੰ ਮਿਟੀ ਤੋਂ ਬਣਾਇਆ ਹੈ।

قَالَ مَا مَنَعَكَ أَلَّا تَسْجُدَ إِذْ أَمَرْتُكَ ۖ قَالَ أَنَا خَيْرٌ مِنْهُ خَلَقْتَنِي مِنْ نَارٍ وَخَلَقْتَهُ مِنْ طِينٍ

13. ਅੱਲਾਹ ਨੇ ਕਿਹਾ ਕਿ ਤੂੰ ਅਕਾਸ਼ ਤੋਂ ਹੇਠ ਉੱਤਰ ਜਾ, ਤੈਨੂੰ ਕੋਈ ਹੱਕ ਨਹੀਂ ਕਿ ਤੂੰ ਇੱਥੇ ਰਹਿੰਦੇ ਹੋਏ ਘਮੰਡ ਕਰੇਂ, ਸੋ ਇੱਥੋਂ ਨਿਕਲ, ਤੂੰ ਤਾਂ ਜ਼ਲੀਲ ਲੋਕਾਂ ਵਿੱਚੋਂ ਹੀ ਹੈਂ।

قَالَ فَاهْبِطْ مِنْهَا فَمَا يَكُونُ لَكَ أَنْ تَتَكَبَّرَ فِيهَا فَاخْرُجْ إِنَّكَ مِنَ الصَّاغِرِينَ

14 ਉਸ (ਇਬਲੀਸ) ਨੇ (ਅੱਲਾਹ ਨੂੰ) ਕਿਹਾ ਕਿ ਤੂੰ ਮੈਨੂੰ ਉਸ ਦਿਨ ਤੀਕ ਲਈ ਮੋਹਲਤ ਦੇ ਜਦੋਂ ਲੋਕੀ ਕਬਰਾਂ ਵਿੱਚੋਂ (ਜਿਊਂਦੇ) ਉਠਾਏ ਜਾਣਗੇ।

قَالَ أَنْظِرْنِي إِلَىٰ يَوْمِ يُبْعَثُونَ (14)

15. ਅੱਲਾਹ ਨੇ ਕਿਹਾ ਕਿ ਤੈਨੂੰ ਮੋਹਲਤ ਦਿੱਤੀ ਜਾਂਦੀ ਹੈ।

قَالَ إِنَّكَ مِنَ الْمُنْظَرِينَ (15)

قَالَ فَبِمَآ أَغْوَيْتَنِى لَأَقْعُدَنَّ لَهُمْ صِرَٰطَكَ
ٱلْمُسْتَقِيمَ ﴿16﴾

16. ਉਸ (ਸ਼ੈਤਾਨ ਜਾਂ ਇਬਲੀਸ) ਨੇ ਕਿਹਾ ਕਿ ਕਿਉਂ ਜੋ ਤੂੰ ਇਸ (ਆਦਮ) ਦੇ ਕਾਰਨ ਮੈਨੂੰ ਗੁਮਰਾਹ ਕੀਤਾ ਹੈ ਤਾਂ ਮੈਂ ਵੀ ਇਹਨਾਂ (ਆਦਮ ਦੀ ਔਲਾਦ) ਨੂੰ ਗੁਮਰਾਹ ਕਰਨ ਲਈ ਤੇਰੇ ਵੱਲ ਆਉਂਦੀ ਸਿੱਧੀ ਰਾਹ 'ਤੇ ਘਾਤ ਵਿਚ ਬੈਠਾਂਗਾ।

ثُمَّ لَءَاتِيَنَّهُم مِّنۢ بَيْنِ أَيْدِيهِمْ وَمِنْ
خَلْفِهِمْ وَعَنْ أَيْمَٰنِهِمْ وَعَن شَمَآئِلِهِمْ ۖ
وَلَا تَجِدُ أَكْثَرَهُمْ شَٰكِرِينَ ﴿17﴾

17. ਮੈਂ ਇਹਨਾਂ ਦੇ ਅਗਿਉਂ ਵੀ ਤੇ ਪਿਛਿਉਂ ਵੀ ਸੱਜਿਉਂ ਵੀ ਤੇ ਖੱਬਿਉਂ ਵੀ ਇਹਨਾਂ ਨੂੰ ਗੁਮਰਾਹ ਕਰਨ ਲਈ ਆਵਾਂਗਾ ਤੂੰ ਇਹਨਾਂ ਵਿੱਚੋਂ ਬਹੁਤਿਆਂ ਨੂੰ ਧੰਨਵਾਦੀ ਨਹੀਂ ਵੇਖੇਂਗਾ।

قَالَ ٱخْرُجْ مِنْهَا مَذْءُومًا مَّدْحُورًا ۖ لَّمَن
تَبِعَكَ مِنْهُمْ لَأَمْلَأَنَّ جَهَنَّمَ مِنكُمْ أَجْمَعِينَ ﴿18﴾

18. ਅੱਲਾਹ ਨੇ ਆਖਿਆ। ਜਾ ਇੱਥੋਂ ਨਿਕਲ ਜਾ, ਤੂੰ ਜ਼ਲੀਲ ਤੇ ਧੁੱਤਕਾਰਿਆ ਹੋਇਆ ਹੈਂ ਜਿਹੜਾ ਵੀ ਵਿਅਕਤੀ ਇਹਨਾਂ ਵਿੱਚੋਂ ਤੇਰਾ ਕਹਿਣਾ ਮੰਨੇਗਾ ਮੈਂ ਜ਼ਰੂਰ ਹੀ ਤੁਹਾਡੇ ਸਾਰਿਆਂ ਨਾਲ ਨਰਕ ਨੂੰ ਭਰ ਦੇਵਾਂਗਾ।

وَيَٰٓـَٔادَمُ ٱسْكُنْ أَنتَ وَزَوْجُكَ ٱلْجَنَّةَ فَكُلَا مِنْ
حَيْثُ شِئْتُمَا وَلَا تَقْرَبَا هَٰذِهِ ٱلشَّجَرَةَ فَتَكُونَا
مِنَ ٱلظَّٰلِمِينَ ﴿19﴾

19. ਆਖਿਆ ਕਿ ਹੇ ਆਦਮ! ਤੂੰ ਅਤੇ ਤੇਰੀ ਪਤਨੀ ਜੰਨਤ ਵਿਚ ਰਹੋ, ਜਿੱਥਿਉਂ ਮਰਜ਼ੀ ਖਾਓ ਪਰ ਇਸ ਦਰੱਖ਼ਤ ਦੇ ਨੇੜੇ ਵੀ ਨਹੀਂ ਜਾਣਾ, ਨਹੀਂ ਤਾਂ ਤੁਸੀਂ ਦੋਵੇਂ ਜ਼ਾਲਮਾਂ ਵਿਚ ਗਿਣੇ ਜਾਓਗੇ।

فَوَسْوَسَ لَهُمَا ٱلشَّيْطَٰنُ لِيُبْدِىَ لَهُمَا مَا وُۥرِىَ
عَنْهُمَا مِن سَوْءَٰتِهِمَا وَقَالَ مَا نَهَىٰكُمَا رَبُّكُمَا
عَنْ هَٰذِهِ ٱلشَّجَرَةِ إِلَّآ أَن تَكُونَا مَلَكَيْنِ
أَوْ تَكُونَا مِنَ ٱلْخَٰلِدِينَ ﴿20﴾

20. ਫੇਰ ਸ਼ੈਤਾਨ ਨੇ ਉਹਨਾਂ ਦੋਵਾਂ (ਆਦਮ ਤੇ ਉਸ ਦੀ ਪਤਨੀ) ਨੂੰ ਬਹਿਕਾਉਣ ਲਈ ਉਹਨਾਂ ਦੇ ਦਿਲਾਂ ਵਿਚ ਵਸਵਸਾ (ਭੈੜੇ ਵਿਚਾਰ) ਦਾ ਦਿੱਤਾ ਤਾਂ ਜੋ ਜਿਹੜੀਆਂ ਗੁਪਤ ਇੰਦਰੀਆਂ ਇਹਨਾਂ ਤੋਂ ਕੱਜੀਆਂ ਹੋਈਆਂ ਸਨ, ਉਹਨਾਂ ਸਾਹਮਣੇ ਖੋਲ ਦੇਵੇ। ਸ਼ੈਤਾਨ ਆਖਣ ਲੱਗਾ ਕਿ ਤੁਹਾਡੇ ਰੱਬ ਨੇ ਤੁਹਾਨੂੰ (ਇਸ ਵਿਸ਼ੇਸ਼ ਦਰਖ਼ਤ ਦਾ ਫਲ ਖਾਣ ਤੋਂ) ਇਸ ਲਈ ਰੋਕਿਆ ਹੈ ਕਿ ਕੀਤੇ ਤੁਸੀਂ ਦੋਵੇਂ ਫ਼ਰਿਸ਼ਤੇ ਨਾ ਬਣ ਜਾਓ ਜਾਂ ਸਦਾ ਲਈ ਹੀ ਜੀਵਿਤ ਰਹਿਣ ਵਾਲਿਆਂ ਵਿੱਚੋਂ ਨਾ ਹੋ ਜਾਓ।

21. ਉਸ ਨੇ ਉਹਨਾਂ ਦੋਵਾਂ ਦੇ ਸਾਹਮਣੇ ਸੌਂਹ ਖਾਧੀ ਕਿ ਸੱਚ ਜਾਣੋਂ ਮੈਂ ਤੁਹਾਡਾ ਸ਼ੁਭ ਚਿੰਤਕ ਹਾਂ।

وَقَاسَمَهُمَآ إِنِّي لَكُمَا لَمِنَ ٱلنَّٰصِحِينَ ٢١

22. ਇੰਜ ਸ਼ੈਤਾਨ ਨੇ ਧੋਖਾ ਦੇਕੇ ਉਹਨਾਂ ਦੋਵਾਂ ਨੂੰ ਬਹਿਕਾਇਆ। ਜਦੋਂ ਉਹਨਾਂ ਦੋਵਾਂ ਨੇ ਦਰਖ਼ਤ (ਦਾ ਫਲ) ਖਾਧਾ ਤਾਂ ਦੋਵਾਂ ਦੇ ਗੁਪਤ ਅੰਗ ਇਕ ਦੂਜੇ ਦੇ ਅੱਗੇ ਬੇਪੜਦਾ ਹੋ ਗਏ ਅਤੇ ਫੇਰ ਉਹ ਦੋਵੇਂ ਆਪਣੇ ਆਪ ਨੂੰ ਜੰਨਤ ਦੇ ਪੱਤਿਆਂ ਨਾਲ ਢਕਣ ਲੱਗ ਪਏ। ਉਹਨਾਂ ਦੇ ਰੱਬ ਨੇ ਉਹਨਾਂ ਨੂੰ ਆਵਾਜ਼ ਦਿੱਤੀ, ਕੀ ਮੈਂ ਤੁਹਾਨੂੰ ਇਸ ਦਰਖ਼ਤ (ਦੇ ਨੇੜੇ ਜਾਣ) ਤੋਂ ਮਨ੍ਹਾ ਨਹੀਂ ਕੀਤਾ ਸੀ ਅਤੇ ਇਹ ਨਹੀਂ ਕਿਹਾ ਸੀ ਕਿ ਸ਼ੈਤਾਨ ਤੁਹਾਡਾ ਖੁੱਲ੍ਹਾ ਦੁਸ਼ਮਨ ਹੈ?

فَدَلَّىٰهُمَا بِغُرُورٍ ۚ فَلَمَّا ذَاقَا ٱلشَّجَرَةَ بَدَتْ لَهُمَا
سَوْءَٰتُهُمَا وَطَفِقَا يَخْصِفَانِ عَلَيْهِمَا مِن وَرَقِ
ٱلْجَنَّةِ ۖ وَنَادَىٰهُمَا رَبُّهُمَآ أَلَمْ أَنْهَكُمَا عَن
تِلْكُمَا ٱلشَّجَرَةِ وَأَقُل لَّكُمَآ إِنَّ ٱلشَّيْطَٰنَ لَكُمَا
عَدُوٌّ مُّبِينٌ ٢٢

23. ਦੋਵਾਂ ਨੇ ਕਿਹਾ ਕਿ ਹੇ ਸਾਡੇ ਰੱਬ! ਅਸੀਂ ਆਪਣੇ ਆਪ ਨਾਲ ਜ਼ੁਲਮ ਕੀਤਾ ਹੈ। ਜੇ ਤੂੰ ਸਾਨੂੰ ਮੁਆਫ਼ ਨਹੀਂ ਕਰੇਂਗਾ ਅਤੇ ਸਾਡੇ 'ਤੇ ਰਹਿਮ ਨਹੀਂ ਕਰੇਂਗਾ ਤਾਂ ਅਸੀਂ ਘਾਟੇ ਵਿਚ ਰਹਿਣ ਵਾਲਿਆਂ ਵਿੱਚੋਂ ਹੋ ਜਾਵਾਂਗੇ (ਭਾਵ ਬਰਬਾਦ ਹੋ ਜਾਵਾਂਗੇ)।

قَالَا رَبَّنَا ظَلَمْنَآ أَنفُسَنَا وَإِن لَّمْ تَغْفِرْ لَنَا
وَتَرْحَمْنَا لَنَكُونَنَّ مِنَ ٱلْخَٰسِرِينَ ٢٣

24. ਅੱਲਾਹ ਨੇ ਕਿਹਾ ਕਿ ਤੁਸੀਂ ਇੱਥੋਂ (ਅਕਾਸ਼ ਤੋਂ) ਉੱਤਰ ਜਾਓ, ਤੁਸੀਂ ਦੋਵੇਂ (ਸ਼ੈਤਾਨ ਤੇ ਮਨੁੱਖ) ਇਕ ਦੂਜੇ ਦੇ ਵੈਰੀ ਹੋ। ਹੁਣ ਤੁਸੀਂ ਧਰਤੀ 'ਤੇ ਹੀ ਰਹਿਣਾ-ਵਸਣਾ ਹੈ ਅਤੇ ਇਕ (ਨਿਸ਼ਚਿਤ) ਸਮੇਂ ਤੀਕ (ਜੀਵਨ ਦਾ) ਲਾਭ ਪ੍ਰਾਪਤ ਕਰਨਾ ਹੈ।

قَالَ ٱهْبِطُوا۟ بَعْضُكُمْ لِبَعْضٍ عَدُوٌّ ۖ وَلَكُمْ فِى
ٱلْأَرْضِ مُسْتَقَرٌّ وَمَتَٰعٌ إِلَىٰ حِينٍ ٢٤

25. ਫ਼ਰਮਾਇਆ ਕਿ ਤੁਸੀਂ (ਉਸ ਧਰਤੀ 'ਤੇ ਹੀ) ਜੀਵਨ ਬਤੀਤ ਕਰਨਾ ਹੈ ਅਤੇ ਉੱਥੇ ਹੀ ਮਰਨਾ ਹੈ ਅਤੇ (ਕਿਆਮਤ ਦਿਹਾੜੇ) ਤੁਸੀਂ ਉਸੇ ਵਿੱਚੋਂ ਹੀ ਕੱਢੇ ਜਾਓਗੇ।

قَالَ فِيهَا تَحْيَوْنَ وَفِيهَا تَمُوتُونَ وَمِنْهَا
تُخْرَجُونَ ٢٥

يَٰبَنِيٓ ءَادَمَ قَدۡ أَنزَلۡنَا عَلَيۡكُمۡ لِبَاسٗا يُوَٰرِي
سَوۡءَٰتِكُمۡ وَرِيشٗاۖ وَلِبَاسُ ٱلتَّقۡوَىٰ ذَٰلِكَ خَيۡرٞۚ
ذَٰلِكَ مِنۡ ءَايَٰتِ ٱللَّهِ لَعَلَّهُمۡ يَذَّكَّرُونَ ٢٦

26. ਹੇ ਆਦਮ ਦੀ ਸੰਤਾਨ! ਅਸੀਂ ਤੁਹਾਡੇ ਲਈ ਲਿਬਾਸ ਉਤਾਰਿਆ ਹੈ ਜੋ ਤੁਹਾਡੇ ਗੁਪਤ ਅੰਗਾਂ ਨੂੰ ਛੁਪਾਉਂਦਾ ਹੈ ਅਤੇ ਸਜਾਵਟ ਦਾ ਸਾਧਨ ਵੀ ਹੈ ਅਤੇ ਸਭ ਤੋਂ ਵਧੀਆ ਲਿਬਾਸ ਪਰਹੇਜ਼ਗਾਰੀ ਵਾਲਾ ਲਿਬਾਸ ਹੈ।[1] ਇਹ (ਲਿਬਾਸ) ਅੱਲਾਹ ਦੀਆਂ ਨਿਸ਼ਾਨੀਆਂ ਵਿੱਚੋਂ ਹੈ ਤਾਂ ਜੋ ਲੋਕੀ ਸਿੱਖਿਆ ਪ੍ਰਾਪਤ ਕਰਨ।

يَٰبَنِيٓ ءَادَمَ لَا يَفۡتِنَنَّكُمُ ٱلشَّيۡطَٰنُ كَمَآ أَخۡرَجَ أَبَوَيۡكُم
مِّنَ ٱلۡجَنَّةِ يَنزِعُ عَنۡهُمَا لِبَاسَهُمَا لِيُرِيَهُمَا
سَوۡءَٰتِهِمَآۚ إِنَّهُۥ يَرَىٰكُمۡ هُوَ وَقَبِيلُهُۥ مِنۡ حَيۡثُ
لَا تَرَوۡنَهُمۡۗ إِنَّا جَعَلۡنَا ٱلشَّيَٰطِينَ أَوۡلِيَآءَ
لِلَّذِينَ لَا يُؤۡمِنُونَ ٢٧

27. ਹੇ ਆਦਮ ਦੀ ਔਲਾਦ! ਕਿਤੇ ਸ਼ੈਤਾਨ ਤੁਹਾਨੂੰ ਫੇਰ ਕਿਸੇ ਅਜ਼ਮਾਇਸ਼ ਵਿਚ ਨਾ ਪਾ ਦੇਵੇ। ਜਿਵੇਂ ਕਿ ਉਸ ਨੇ ਤੁਹਾਡੇ ਮਾਂ ਬਾਪ (ਆਦਮ ਤੇ ਉਸ ਦੀ ਪਤਨੀ ਹੱਵਾ) ਨੂੰ ਜੰਨਤ 'ਚੋਂ ਬਾਹਰ ਕਢਵਾਇਆ ਸੀ, ਜਦੋਂ ਉਹਨਾਂ ਦੋਵਾਂ ਦਾ ਲਿਬਾਸ ਉਹਨਾਂ ਤੋਂ ਲੁਹਾ ਦਿੱਤਾ ਸੀ, ਤਾਂ ਜੋ ਉਹਨਾਂ ਦੇ ਗੁਪਤ ਅੰਗ ਪ੍ਰਗਟ ਕਰੇ ਬੇਸ਼ੱਕ ਉਹ ਤੇ ਉਸ ਦਾ ਕਬੀਲਾ ਤੁਹਾਨੂੰ ਉਸ ਥਾਂ ਤੋਂ ਵੇਖਦਾ ਹੈ ਜਿੱਥਿਓਂ ਤੁਸੀਂ ਉਹਨਾਂ ਨੂੰ ਨਹੀਂ ਵੇਖ ਸਕਦੇ ਇਹਨਾਂ ਸ਼ੈਤਾਨਾਂ ਨੂੰ ਅਸੀਂ ਉਹਨਾਂ ਦਾ ਦੋਸਤ ਬਣਾ ਦਿੱਤਾ ਹੈ ਜਿਹੜੇ ਈਮਾਨ ਨਹੀਂ ਲਿਆਉਂਦੇ।

وَإِذَا فَعَلُواْ فَٰحِشَةٗ قَالُواْ وَجَدۡنَا عَلَيۡهَآ ءَابَآءَنَا
وَٱللَّهُ أَمَرَنَا بِهَاۗ قُلۡ إِنَّ ٱللَّهَ لَا يَأۡمُرُ
بِٱلۡفَحۡشَآءِۖ أَتَقُولُونَ عَلَى ٱللَّهِ مَا لَا تَعۡلَمُونَ ٢٨

28. ਇਹ ਲੋਕ ਜਦੋਂ ਕੋਈ ਅਸ਼ਲੀਲ ਹਰਕਤਾਂ ਕਰਦੇ ਹਨ ਤਾਂ ਆਖਦੇ ਹਨ ਕਿ ਅਸੀਂ ਆਪਣੇ ਬਾਪ ਦਾਦਿਆਂ ਨੂੰ ਇਹੀ ਕਰਦੇ ਵੇਖਿਆ ਹੈ ਅਤੇ ਸਾਨੂੰ ਵੀ ਅੱਲਾਹ ਨੇ ਇਹੋ ਕਰਨ ਦਾ ਹੁਕਮ ਦਿੱਤਾ ਹੈ। (ਹੇ ਨਬੀ!) ਕਹਿ ਦਿਓ ਕਿ ਅੱਲਾਹ ਅਸ਼ਲੀਲ ਗੱਲਾਂ ਦੀ ਸਿੱਖਿਆ ਨਹੀਂ ਦਿੰਦਾ। ਕੀ

---

[1] ਕਿਹਾ ਜਾਂਦਾ ਹੈ ਕਿ ਇਸਲਾਮ ਤੋਂ ਪਹਿਲਾਂ ਜਹਾਲਤ ਦੇ ਸਮੇਂ ਅਰਬ ਦੇ ਬੁਤ ਪੂਜਕ ਨੰਗੇ ਹੋ ਕੇ ਕਾਅਬਾ ਦੇ ਚੱਕਰ ਲਗਾਇਆ ਕਰਦੇ ਸੀ ਪਰ ਜਦੋਂ ਇਸਲਾਮ ਕਾਬੂ ਹੋ ਗਿਆ ਅਤੇ ਮੱਕਾ ਜਿੱਤ ਲਿਆ ਗਿਆ ਤਾਂ ਇਹਨਾਂ ਬੁਤ ਪੂਜਕਾਂ ਅਤੇ ਮੁਸ਼ਰਿਕਾਂ ਦਾ ਦਾਖ਼ਲਾ ਮੱਕੇ ਵਿਖੇ ਬੰਦ ਕਰ ਦਿੱਤਾ ਗਿਆ ਅਤੇ ਨੰਗੇ ਹੋ ਕੇ ਚੱਕਰ ਲਗਾਉਣ ਦਾ ਵੀ ਅੰਤ ਕਰ ਦਿੱਤਾ ਗਿਆ।

ਤੁਸੀਂ ਅੱਲਾਹ ਦੇ ਜ਼ਿੰਮੇ ਉਹ ਗੱਲਾਂ ਮੜ੍ਹਦੇ ਹੋ ਜਿਨ੍ਹਾਂ ਨੂੰ ਤੁਸੀਂ ਜਾਣਦੇ ਹੀ ਨਹੀਂ?

29. (ਹੇ ਨਬੀ!) ਤੁਸੀਂ ਆਖ ਦਿਓ ਕਿ ਮੇਰੇ ਰੱਬ ਨੇ ਸੱਚਾਈ ਤੇ ਇਨਸਾਫ਼ ਦਾ ਹੁਕਮ ਦਿੱਤਾ ਹੈ ਅਤੇ ਹੁਕਮ ਦਿੱਤਾ ਹੈ ਕਿ ਤੁਸੀਂ ਨਮਾਜ਼ ਵੇਲੇ ਆਪਣਾ ਮੂੰਹ ਸਿੱਧਾ (ਖ਼ਾਨਾ-ਕਾਅਬਾ ਵੱਲ) ਰੱਖੋ। ਬੰਦਗੀ ਨੂੰ ਉਸੇ ਲਈ ਖ਼ਾਲਸ ਕਰਦੇ ਹੋਏ ਉਸੇ ਨੂੰ (ਮਦਦ ਲਈ) ਸੱਦੋ। ਜਿਵੇਂ ਉਸ ਨੇ ਤੁਹਾਨੂੰ ਪਹਿਲਾਂ ਪੈਦਾ ਕੀਤਾ ਉਸੇ ਤਰ੍ਹਾਂ ਮੁੜ ਸੁਰਜੀਤ ਕੀਤੇ ਜਾਓਗੇ।

قُلْ أَمَرَ رَبِّي بِالْقِسْطِ ۖ وَأَقِيمُوا وُجُوهَكُمْ عِندَ
كُلِّ مَسْجِدٍ وَادْعُوهُ مُخْلِصِينَ لَهُ الدِّينَ ۚ
كَمَا بَدَأَكُمْ تَعُودُونَ ﴿٢٩﴾

30. ਕੁੱਝ ਲੋਕਾਂ ਨੂੰ ਅੱਲਾਹ ਨੇ ਹਿਦਾਇਤ ਦਿੱਤੀ ਹੈ ਅਤੇ ਕੁੱਝ ਨੂੰ ਗੁਮਰਾਹੀ ਚਿੰਬੜ ਗਈ ਹੈ। ਇਹਨਾਂ ਲੋਕਾਂ ਨੇ ਅੱਲਾਹ ਨੂੰ ਛੱਡ ਕੇ ਸ਼ੈਤਾਨਾਂ ਨੂੰ ਆਪਣਾ ਮਿੱਤਰ ਬਣਾ ਲਿਆ ਹੈ ਅਤੇ ਇਹ ਸਮਝਦੇ ਹਨ ਕਿ ਉਹ ਸਿੱਧੀ ਰਾਹ 'ਤੇ ਹਨ।

فَرِيقًا هَدَىٰ وَفَرِيقًا حَقَّ عَلَيْهِمُ الضَّلَالَةُ ۗ
إِنَّهُمُ اتَّخَذُوا الشَّيَاطِينَ أَوْلِيَاءَ مِن
دُونِ اللَّهِ وَيَحْسَبُونَ أَنَّهُم مُّهْتَدُونَ ﴿٣٠﴾

31. ਹੇ ਆਦਮ ਦੀ ਔਲਾਦ! ਹਰੇਕ ਇਬਾਦਤ ਦੇ ਮੌਕੇ 'ਤੇ ਆਪਣੀ ਸਜਾਵਟ ਨਾਲ ਸਜੇ ਰਹੋ।[1] ਖਾਓ ਪਿਓ ਪਰ ਲੋੜ ਤੋਂ ਵੱਧ ਖ਼ਰਚ ਨਾ ਕਰੋ। ਬੇਸ਼ੱਕ ਉਹ ਬਿਨਾਂ ਲੋੜ ਖ਼ਰਚ ਕਰਨ ਵਾਲਿਆਂ ਨੂੰ ਪਸੰਦ ਨਹੀਂ ਕਰਦਾ।

يَا بَنِي آدَمَ خُذُوا زِينَتَكُمْ عِندَ كُلِّ مَسْجِدٍ
وَكُلُوا وَاشْرَبُوا وَلَا تُسْرِفُوا ۚ إِنَّهُ لَا يُحِبُّ
الْمُسْرِفِينَ ﴿٣١﴾

---

1 ਭਾਵ ਨਮਾਜ਼ ਪੜ੍ਹਦੇ ਹੋਏ ਕੱਪੜੇ ਪਾਉਣਾ ਜ਼ਰੂਰੀ ਹੈ ਸਤਰ ਤੋਂ ਭਾਵ ਹੈ ਕਿ ਮਰਦ ਆਪਣੇ ਮੋਢਿਆਂ ਉੱਤੇ ਕੱਪੜੇ ਪਾਵੇ ਅਤੇ ਧੁੰਨੀ ਤੋਂ ਗੋਡਿਆਂ ਤਕ ਆਪਣਾ ਸਰੀਰ ਕੱਪੜੇ ਨਾਲ ਢਕਣਾ ਨਮਾਜ਼ ਪੜ੍ਹਣ ਲਈ ਜ਼ਰੂਰੀ ਹੈ ਜਦ ਕਿ ਔਰਤ ਛੁੱਟ ਉਸ ਦੇ ਚਿਹਰੇ ਤੋਂ ਪੂਰਾ ਸਰੀਰ ਢੱਕ ਕੇ ਰੱਖੇਗੀ ਵਿਦਵਾਨਾਂ ਅਨੁਸਾਰ ਇਹ ਗੱਲ ਵਧੇਰੇ ਚੰਗੀ ਹੈ ਜੇਕਰ ਔਰਤਾਂ ਆਪਣੇ ਹੱਥਾਂ ਨੂੰ ਕੱਪੜੇ ਨਾਲ ਜਾਂ ਦਸਤਾਨੇ ਨਾਲ ਢੱਕ ਕੇ ਰੱਖੇ ਅਤੇ ਆਪਣੇ ਪੈਰਾਂ ਨੂੰ ਜਾਂ ਤਾਂ ਲੰਮੇ ਲਿਬਾਸ ਦੁਆਰਾ ਜਾਂ ਜੁਰਾਬਾਂ ਨਾਲ ਢਕੇ, ਇਹ ਰਾਏ ਅਬੂ-ਦਾਊਦ ਦੀ ਹਦੀਸ: 639, 640 'ਤੇ ਆਧਾਰਿਤ ਹੈ।

• ਹਜ਼ਰਤ ਆਇਸ਼ਾ ਫ਼ਰਮਾਉਂਦੀ ਹੈ ਕਿ ਜਦੋਂ ਨਬੀ (ਸ:) ਫ਼ਜਰ ਦੀ ਨਮਾਜ਼ ਅਦਾ ਕਰਦੇ ਸੀ ਤਾਂ ਕੁਝ ਮੁਸਲਮਾਨ ਔਰਤਾਂ ਚਾਦਰਾਂ ਲੈਕੇ ਨਮਾਜ਼ ਵਿਚ ਸ਼ਾਮਿਲ ਹੁੰਦੀਆਂ ਸਨ ਅਤੇ ਉਹ ਨਮਾਜ਼ ਆਪਣੇ ਘਰਾਂ ਨੂੰ ਮੁੜ ਜਾਂਦੀਆਂ ਸਨ। ਬਿਨਾਂ ਇਸ ਤੋਂ ਕਿ ਉਹਨਾਂ ਨੂੰ ਕੋਈ ਪਛਾਣ ਸਕੇ। (ਸਹੀ ਬੁਖ਼ਾਰੀ, ਹਦੀਸ: 372)

قُلْ مَنْ حَرَّمَ زِينَةَ اللَّهِ الَّتِي أَخْرَجَ لِعِبَادِهِ
وَالطَّيِّبَاتِ مِنَ الرِّزْقِ ۚ قُلْ هِيَ لِلَّذِينَ آمَنُوا
فِي الْحَيَاةِ الدُّنْيَا خَالِصَةً يَوْمَ الْقِيَامَةِ ۗ كَذَٰلِكَ
نُفَصِّلُ الْآيَاتِ لِقَوْمٍ يَعْلَمُونَ 32

32. (ਹੇ ਨਬੀ!) ਇਹਨਾਂ ਨੂੰ ਆਖੋ ਜਿਹੜੀਆਂ ਸਜਾਵਟ ਤੇ ਖਾਣ ਪੀਣ ਦੀਆਂ ਪਵਿੱਤਰ ਚੀਜ਼ਾਂ ਅੱਲਾਹ ਨੇ ਆਪਣੇ ਬੰਦਿਆਂ ਲਈ ਪੈਦਾ ਕੀਤੀਆਂ ਹਨ ਉਹਨਾਂ ਨੂੰ ਕਿਸ ਨੇ ਹਰਾਮ ਕੀਤਾ ਹੈ? ਤੁਸੀਂ ਕਹਿ ਦਿਓ ਕਿ ਇਹ ਸਾਰੀਆਂ (ਪਵਿੱਤਰ ਚੀਜ਼ਾਂ) ਸੰਸਾਰ ਵਿਚ ਵੀ ਉਹਨਾਂ ਲਈ ਹਨ ਜਿਹੜੇ ਈਮਾਨ ਲਿਆਏ ਜਦ ਕਿ ਕਿਆਮਤ ਦਿਹਾੜੇ ਇਹ ਵਿਸ਼ੇਸ਼ ਮੋਮਿਨਾਂ ਲਈ ਹੀ ਹੋਣਗੀਆਂ ਇਸ ਤਰ੍ਹਾਂ ਅਸੀਂ ਆਪਣੇ ਆਦੇਸ਼ਾਂ ਨੂੰ ਉਹਨਾਂ ਲਈ ਖੋਲ੍ਹ ਖੋਲ੍ਹ ਕੇ ਬਿਆਨ ਕਰਦੇ ਹਾਂ ਜਿਹੜੇ ਗਿਆਨ ਰੱਖਦੇ ਹਨ।

قُلْ إِنَّمَا حَرَّمَ رَبِّيَ الْفَوَاحِشَ مَا ظَهَرَ مِنْهَا
وَمَا بَطَنَ وَالْإِثْمَ وَالْبَغْيَ بِغَيْرِ الْحَقِّ وَأَنْ
تُشْرِكُوا بِاللَّهِ مَا لَمْ يُنَزِّلْ بِهِ سُلْطَانًا وَأَنْ
تَقُولُوا عَلَى اللَّهِ مَا لَا تَعْلَمُونَ 33

33. (ਹੇ ਨਬੀ!) ਤੁਸੀਂ ਆਖ ਦਿਓ ਕਿ ਮੇਰੇ ਰੱਬ ਨੇ ਬੇਹਿਯਾਈ ਵਾਲੀਆਂ (ਭਾਵ ਅਸ਼ਲੀਲ) ਗੱਲਾਂ ਭਾਵੇਂ ਉਹ ਜ਼ਾਹਿਰ ਹੋਣ ਜਾਂ ਗੁਪਤ, ਪਾਪ ਤੇ ਅਣ ਹੱਕਾ ਜ਼ੁਲਮ ਨੂੰ ਹਰਾਮ ਕੀਤਾ ਹੈ ਅਤੇ ਇਹ ਵੀ (ਹਰਾਮ ਕੀਤਾ) ਕਿ ਤੁਸੀਂ ਬਿਨਾਂ ਕਿਸੇ ਦਲੀਲ ਤੋਂ ਕਿਸੇ ਨੂੰ ਅੱਲਾਹ ਦਾ ਸ਼ਰੀਕ ਬਣਾਓ ਅਤੇ ਅੱਲਾਹ ਦੇ ਸੰਬੰਧ ਵਿਚ ਉਹ ਗੱਲਾਂ ਆਖੋ ਜਿਸ ਦਾ ਤੁਹਾਨੂੰ ਉੱਕਾ ਹੀ ਗਿਆਨ ਨਹੀਂ (ਹਰਾਮ ਹਨ)।

وَلِكُلِّ أُمَّةٍ أَجَلٌ ۖ فَإِذَا جَاءَ أَجَلُهُمْ
لَا يَسْتَأْخِرُونَ سَاعَةً ۖ وَلَا يَسْتَقْدِمُونَ 34

34 ਹਰੇਕ (ਕੌਮ) ਲਈ ਇਕ ਸਮਾਂ ਨਿਯਤ ਹੈ ਸੋ ਜਦੋਂ ਉਸ ਦਾ ਨਿਯਤ ਸਮਾਂ ਆਵੇਗਾ ਤਾਂ ਉਹ (ਕੌਮ) ਉਸ (ਸਮੇਂ) ਤੋਂ (ਬਚਣ ਲਈ) ਇਕ ਪਲ ਲਈ ਵੀ ਅੱਗੇ-ਪਿੱਛੇ ਨਹੀਂ ਹੋਵੇਗੀ।

يَا بَنِي آدَمَ إِمَّا يَأْتِيَنَّكُمْ رُسُلٌ مِنْكُمْ يَقُصُّونَ
عَلَيْكُمْ آيَاتِي ۙ فَمَنِ اتَّقَىٰ وَأَصْلَحَ فَلَا خَوْفٌ عَلَيْهِمْ
وَلَا هُمْ يَحْزَنُونَ 35

35 ਹੇ ਆਦਮ ਦੀ ਔਲਾਦ ਜੇ ਤੁਹਾਡੇ ਵਿੱਚੋਂ ਹੀ ਤੁਹਾਡੇ ਕੋਲ ਪੈਗ਼ੰਬਰ ਆਉਣ ਜਿਹੜੇ ਤੁਹਾਨੂੰ ਮੇਰੀਆਂ ਆਇਤਾਂ ਸੁਣਾਉਣ ਤਾਂ ਜਿਹੜਾ ਵਿਅਕਤੀ ਬੁਰਾਈਆਂ ਤੋਂ ਬਚੇਗਾ ਅਤੇ ਆਪਣਾ ਸੁਧਾਰ ਕਰੇਗਾ ਤਾਂ (ਕਿਆਮਤ ਦਿਹਾੜੇ) ਉਸ ਨੂੰ ਨਾ ਕੋਈ ਡਰ ਹੋਵੇਗਾ ਅਤੇ ਨਾ ਹੀ ਕੋਈ ਚਿੰਤਾ ਹੋਵੇਗੀ।

36. ਜਿਹੜੇ ਲੋਕ ਮੇਰੇ ਇਹਨਾਂ ਹੁਕਮਾਂ ਨੂੰ ਝੁਠਲਾਉਣਗੇ ਅਤੇ ਸਰਕਸ਼ੀ ਕਰਨਗੇ ਉਹ ਲੋਕ ਨਰਕ ਵਿਚ ਜਾਣਗੇ, ਜਿੱਥੇ ਉਹ ਸਦਾ ਲਈ ਰਹਿਣਗੇ।

وَالَّذِينَ كَذَّبُوا بِآيَاتِنَا وَاسْتَكْبَرُوا عَنْهَا
أُولَٰئِكَ أَصْحَابُ النَّارِ ۖ هُمْ فِيهَا خَالِدُونَ ٣٦

37. ਸੋ ਉਸ ਤੋਂ ਵੱਡਾ ਜ਼ਾਲਮ ਕੌਣ ਹੋਵੇਗਾ ਜਿਹੜਾ ਅੱਲਾਹ 'ਤੇ ਹੀ ਝੂਠ ਲਾਵੇ ਜਾਂ ਉਸ ਦੀਆਂ ਨਿਸ਼ਾਨੀਆਂ ਨੂੰ ਹੀ ਝੂਠਾ ਕਹੇ। ਜੋ ਕੁੱਝ ਉਸ ਦੇ ਮੁਕੱਦਰ ਵਿਚ ਲਿਖਿਆ ਹੋਇਆ ਹੈ ਉਹ ਉਸ ਨੂੰ ਮਿਲ ਜਾਵੇਗਾ, ਜਦੋਂ ਉਹਨਾਂ (ਜ਼ਾਲਮਾਂ) ਕੋਲ ਸਾਡੇ ਫ਼ਰਿਸ਼ਤੇ ਉਹਨਾਂ ਦੀ ਜਾਨ ਕੱਢਣ ਲਈ ਆਉਣਗੇ ਤਾਂ ਪੁੱਛਣਗੇ ਕਿ ਜਿਨ੍ਹਾਂ ਨੂੰ ਤੁਸੀਂ ਰੱਬ ਨੂੰ ਛੱਡ ਕੇ ਪੂਜਦੇ ਸੀ ਅੱਜ ਉਹ ਕਿੱਥੇ ਹਨ? ਤਾਂ ਜਵਾਬ ਦੇਣਗੇ ਕਿ ਉਹ ਸਾਥੋਂ ਖੁੱਸ ਗਏ ਅਤੇ ਉਹ ਆਪਣੇ ਵਿਰੁੱਧ ਗਵਾਹੀ ਦੇਣਗੇ ਕਿ ਬੇਸ਼ੱਕ ਉਹੀਓ (ਸੱਚਾਈ ਦੇ) ਇਨਕਾਰੀ ਸੀ

فَمَنْ أَظْلَمُ مِمَّنِ افْتَرَىٰ عَلَى اللَّهِ كَذِبًا
أَوْ كَذَّبَ بِآيَاتِهِ ۚ أُولَٰئِكَ يَنَالُهُمْ نَصِيبُهُمْ
مِنَ الْكِتَابِ ۖ حَتَّىٰ إِذَا جَاءَتْهُمْ رُسُلُنَا
يَتَوَفَّوْنَهُمْ قَالُوا أَيْنَ مَا كُنْتُمْ تَدْعُونَ
مِنْ دُونِ اللَّهِ ۖ قَالُوا ضَلُّوا عَنَّا وَشَهِدُوا
عَلَىٰ أَنْفُسِهِمْ أَنَّهُمْ كَانُوا كَافِرِينَ ٣٧

38. (ਅੱਲਾਹ ਹੁਕਮ ਦੇ ਕੇ) ਕਹੇਗਾ ਕਿ ਤੁਸੀਂ ਵੀ ਉਸੇ ਨਰਕ ਵਿਚ ਚਲੇ ਜਾਓ ਜਿਸ ਵਿਚ ਤੁਹਾਥੋਂ ਪਹਿਲਾਂ ਬੀਤ ਚੁੱਕੇ ਮਨੁੱਖਾਂ ਤੇ ਜਿੰਨਾਂ ਦੇ ਟੋਲੇ ਜਾ ਚੁੱਕੇ ਹਨ। ਉਹ ਇਕ ਦੂਜੇ ਨੂੰ ਫਿਟਕਾਰਾਂ ਪਾਉਣਗੇ ਇੱਥੋਂ ਤਕ ਕਿ ਜਦੋਂ ਉਹ ਸਾਰੇ ਉੱਥੇ ਜਮ੍ਹਾਂ ਹੋ ਜਾਣਗੇ ਤਾਂ ਇਕ ਟੋਲਾ ਦੂਜੇ ਟੋਲੇ ਨੂੰ ਆਖੇਗਾ ਕਿ ਹੇ ਸਾਡੇ ਰੱਬ! ਇਹਨਾਂ ਲੋਕਾਂ ਨੇ ਹੀ ਸਾਨੂੰ ਕੁਰਾਹੇ ਪਾਇਆ ਸੀ ਇਸ ਲਈ ਤੂੰ ਇਹਨਾਂ ਨੂੰ ਅੱਗ ਦਾ ਦੂਣਾ ਅਜ਼ਾਬ ਦੇ। ਅੱਲਾਹ ਆਖੇਗਾ ਕਿ ਤੁਹਾਡੇ ਸਾਰਿਆਂ ਲਈ ਦੂਣਾ ਅਜ਼ਾਬ ਹੈ, ਪਰ ਤੁਸੀਂ ਜਾਣਦੇ ਨਹੀਂ।

قَالَ ادْخُلُوا فِي أُمَمٍ قَدْ خَلَتْ مِنْ قَبْلِكُمْ مِنَ
الْجِنِّ وَالْإِنْسِ فِي النَّارِ ۖ كُلَّمَا دَخَلَتْ أُمَّةٌ
لَعَنَتْ أُخْتَهَا ۖ حَتَّىٰ إِذَا ادَّارَكُوا فِيهَا
جَمِيعًا قَالَتْ أُخْرَاهُمْ لِأُولَاهُمْ رَبَّنَا هَٰؤُلَاءِ
أَضَلُّونَا فَآتِهِمْ عَذَابًا ضِعْفًا مِنَ النَّارِ ۖ
قَالَ لِكُلٍّ ضِعْفٌ وَلَٰكِنْ لَا تَعْلَمُونَ ٣٨

39. ਉਹਨਾਂ ਦਾ ਪਹਿਲਾ ਟੋਲਾ ਦੂਜੇ ਟੋਲੇ ਨੂੰ ਆਖੇਗਾ (ਕਿ ਜੇ ਇਹ ਗੱਲ ਹੈ ਤਾਂ) ਫੇਰ ਤੁਹਾਨੂੰ ਸਾਡੇ ਤੋਂ ਕੋਈ ਵਿਸ਼ੇਸ਼ਤਾ ਪ੍ਰਾਪਤ ਨਹੀਂ ਸੋ ਤੁਸੀਂ ਵੀ ਆਪਣੀ ਕਮਾਈ ਅਨੁਸਾਰ ਅਜ਼ਾਬ ਦਾ ਸੁਆਦ ਲਵੋ।

وَقَالَتْ أُولَاهُمْ لِأُخْرَاهُمْ فَمَا كَانَ لَكُمْ عَلَيْنَا مِنْ
فَضْلٍ فَذُوقُوا الْعَذَابَ بِمَا كُنْتُمْ تَكْسِبُونَ ٣٩

40. ਜਿਨ੍ਹਾਂ ਲੋਕਾਂ ਨੇ ਸਾਡੀਆਂ ਆਇਤਾਂ (ਹੁਕਮਾਂ) ਨੂੰ ਝੁਠਲਾਇਆ ਅਤੇ ਉਹਨਾਂ ਤੋਂ ਸਰਕਸ਼ੀ ਕੀਤੀ, ਉਹਨਾਂ ਲਈ ਅਕਾਸ਼ ਦੇ ਬੂਹੇ ਨਹੀਂ ਖੋਲ੍ਹੇ ਜਾਣਗੇ। ਉਹ ਲੋਕੀ ਉਦੋਂ ਤਕ ਜੰਨਤ ਵਿਚ ਨਹੀਂ ਜਾਣਗੇ ਜਦੋਂ ਤਕ ਊਠ ਸੂਈ ਦੇ ਨੱਕੇ ਵਿਚ ਦੀ ਲੰਘ ਨਹੀਂ ਜਾਂਦਾ (ਜਿਹੜਾ ਸੰਭਵ ਹੀ)। ਅਸੀਂ ਅਪਰਾਧੀਆਂ ਨੂੰ ਅਜਿਹਾ ਹੀ ਬਦਲਾ ਦਿਆ ਕਰਦੇ ਹਾਂ।

إِنَّ الَّذِينَ كَذَّبُوا بِآيَاتِنَا وَاسْتَكْبَرُوا عَنْهَا
لَا تُفَتَّحُ لَهُمْ أَبْوَابُ السَّمَاءِ وَلَا يَدْخُلُونَ
الْجَنَّةَ حَتَّىٰ يَلِجَ الْجَمَلُ فِي سَمِّ الْخِيَاطِ ۚ
وَكَذَٰلِكَ نَجْزِي الْمُجْرِمِينَ ﴿٤٠﴾

41. ਉਹਨਾਂ ਲਈ ਨਰਕ ਵਿਚ ਅੱਗ ਦਾ ਵਿਛੌਣਾ ਹੋਵੇਗਾ ਅਤੇ ਉਹਨਾਂ ਦਾ ਓਢਣਾ ਵੀ ਉਹੀਓ ਹੋਵੇਗਾ, ਅਸੀਂ ਜ਼ਾਲਮਾਂ ਨੂੰ ਅਜਿਹਾ ਹੀ ਬਦਲਾ ਦਿਆ ਕਰਦੇ ਹਾਂ।

لَهُمْ مِنْ جَهَنَّمَ مِهَادٌ وَمِنْ فَوْقِهِمْ
غَوَاشٍ ۚ وَكَذَٰلِكَ نَجْزِي الظَّالِمِينَ ﴿٤١﴾

42. ਜਿਹੜੇ ਲੋਕ ਈਮਾਨ ਲਿਆਏ ਅਤੇ ਉਹਨਾਂ ਨੇ ਨੇਕ ਕੰਮ ਵੀ ਕੀਤੇ ਅਤੇ ਅਸੀਂ (ਅੱਲਾਹ) ਕਿਸੇ ਵਿਅਕਤੀ ਨੂੰ ਉਸ ਦੀ ਸਮਰਥਾ ਤੋਂ ਵੱਧ ਤਕਲੀਫ਼ ਨਹੀਂ ਦਿੰਦੇ। ਉਹੀਓ ਲੋਕ ਜੰਨਤ ਵਿਚ ਜਾਣਗੇ ਅਤੇ ਸਦਾ ਉਸੇ ਵਿਚ ਹੀ ਰਹਿਣਗੇ।

وَالَّذِينَ آمَنُوا وَعَمِلُوا الصَّالِحَاتِ لَا نُكَلِّفُ
نَفْسًا إِلَّا وُسْعَهَا أُولَٰئِكَ أَصْحَابُ الْجَنَّةِ ۖ
هُمْ فِيهَا خَالِدُونَ ﴿٤٢﴾

43. ਜੋ ਉਹਨਾਂ (ਜੰਨਤੀਆਂ) ਦੇ ਦਿਲਾਂ ਵਿਚ (ਇਕ ਦੂਜੇ ਦੇ ਵਿਰੁੱਧ) ਕੋਈ ਮੈਲ ਹੋਵੇਗੀ ਅਸੀਂ ਉਸ ਨੂੰ ਕੱਢ ਸੁੱਟਾਂਗੇ। ਉਹਨਾਂ ਦੇ ਹੇਠ ਨਹਿਰਾਂ ਵਗਦੀਆਂ ਹੋਣਗੀਆਂ ਅਤੇ ਉਹ ਲੋਕ ਆਖਣਗੇ ਕਿ ਅੱਲਾਹ ਦਾ ਸ਼ੁਕਰ ਹੈ ਕਿ ਉਸ ਨੇ ਸਾਨੂੰ ਸਿੱਧੀ ਰਾਹ ਵਿਖਾਇਆ, ਅਸੀਂ ਆਪ ਸਿੱਧੀ ਰਾਹ ਨਹੀਂ ਸੀ ਪੈ ਸਕਦੇ, ਜੇ ਅੱਲਾਹ ਸਾਨੂੰ ਰਾਹੇ ਨਾ ਪਾਉਂਦਾ। ਬੇਸ਼ੱਕ ਸਾਡੇ ਰੱਬ ਦੇ ਪੈਗ਼ੰਬਰ ਸੱਚੀਆਂ ਗੱਲਾਂ ਲੈਕੇ ਆਏ ਸਨ ਅਤੇ ਉਹਨਾਂ ਨੂੰ ਆਵਾਜ਼ ਦਿੱਤੀ ਜਾਵੇਗੀ ਕਿ ਇਹ ਹੈ ਉਹ ਜੰਨਤ ਜਿਸ ਦੇ ਵਾਰਸ ਤੁਸੀਂ ਉਹਨਾਂ ਅਮਲਾਂ ਕਾਰਨ ਬਣਾਏ ਗਏ ਹੋ ਜੋ ਤੁਸੀਂ (ਸੰਸਾਰ ਵਿਚ) ਕਰਦੇ ਸਾਂ।

وَنَزَعْنَا مَا فِي صُدُورِهِمْ مِنْ غِلٍّ تَجْرِي مِنْ
تَحْتِهِمُ الْأَنْهَارُ ۖ وَقَالُوا الْحَمْدُ لِلَّهِ الَّذِي هَدَانَا
لِهَٰذَا وَمَا كُنَّا لِنَهْتَدِيَ لَوْلَا أَنْ هَدَانَا
اللَّهُ ۖ لَقَدْ جَاءَتْ رُسُلُ رَبِّنَا بِالْحَقِّ ۖ وَنُودُوا
أَنْ تِلْكُمُ الْجَنَّةُ أُورِثْتُمُوهَا بِمَا كُنْتُمْ
تَعْمَلُونَ ﴿٤٣﴾

20

وَنَادَىٰٓ أَصۡحَٰبُ ٱلۡجَنَّةِ أَصۡحَٰبَ ٱلنَّارِ أَن قَدۡ
وَجَدۡنَا مَا وَعَدَنَا رَبُّنَا حَقّٗا فَهَلۡ وَجَدتُّم
مَّا وَعَدَ رَبُّكُمۡ حَقّٗاۖ قَالُواْ نَعَمۡۚ فَأَذَّنَ مُؤَذِّنُۢ
بَيۡنَهُمۡ أَن لَّعۡنَةُ ٱللَّهِ عَلَى ٱلظَّٰلِمِينَ ٤٤

44. ਜੰਨਤ ਵਾਲੇ ਨਰਕੀਆਂ ਨੂੰ ਕਹਿਣਗੇ ਕਿ (ਰੱਬ ਨੇ) ਸਾਡੇ ਨਾਲ ਜਿਹੜਾ ਵਾਅਦਾ ਕੀਤਾ ਸੀ ਅਸੀਂ ਤਾਂ ਉਸ ਨੂੰ ਸੱਚਾ ਹੀ ਵੇਖਿਆ ਹੈ। ਕੀ ਤੁਸੀਂ ਵੀ ਜਿਹੜਾ ਤੁਹਾਡੇ ਰੱਬ ਨੇ ਤੁਹਾਡੇ ਨਾਲ ਵਾਅਦਾ ਕੀਤਾ ਸੀ ਉਸ ਨੂੰ ਸੱਚਾ ਵੇਖਿਆ ਹੈ? ਉਹ (ਨਰਕੀ) ਆਖਣਗੇ ਕਿ 'ਹਾਂ' ਫੇਰ ਇਕ ਪੁਕਾਰਨ ਵਾਲਾ ਪੁਕਾਰੇਗਾ ਕਿ ਜ਼ਾਲਮਾਂ 'ਤੇ ਅੱਲਾਹ ਦੀ ਫ਼ਿਟਕਾਰ ਹੋਵੇ।

ٱلَّذِينَ يَصُدُّونَ عَن سَبِيلِ ٱللَّهِ وَيَبۡغُونَهَا
عِوَجٗا وَهُم بِٱلۡأٓخِرَةِ كَٰفِرُونَ ٤٥

45 ਜਿਹੜੇ ਲੋਕੀ ਅੱਲਾਹ ਦੇ ਰਸਤੇ ਤੋਂ ਲੋਕਾਂ ਨੂੰ ਰੋਕਦੇ ਸਨ ਅਤੇ ਇਸ ਵਿਚ ਕੋਈ ਵਿੰਗ-ਵੱਲ ਲੱਭਦੇ ਸਨ ਅਤੇ ਉਹ ਆਖ਼ਿਰਤ ਦੇ ਵੀ ਇਨਕਾਰੀ ਸਨ। (ਉਹਨਾਂ 'ਤੇ ਅੱਲਾਹ ਦੀ ਫਿਟਕਾਰ ਹੈ)

وَبَيۡنَهُمَا حِجَابٞۚ وَعَلَى ٱلۡأَعۡرَافِ رِجَالٞ
يَعۡرِفُونَ كُلَّۢا بِسِيمَىٰهُمۡۚ وَنَادَوۡاْ أَصۡحَٰبَ
ٱلۡجَنَّةِ أَن سَلَٰمٌ عَلَيۡكُمۡۚ لَمۡ يَدۡخُلُوهَا
وَهُمۡ يَطۡمَعُونَ ٤٦

46 ਉਹਨਾਂ ਦੋਵਾਂ (ਨਰਕੀਆਂ ਤੇ ਜੰਨਤੀਆਂ) ਵਿਚਕਾਰ ਇਕ ਓਟ ਹੋਵੇਗੀ ਅਤੇ ਆਰਾਫ਼[1] (ਉੱਚਾਈਆਂ) 'ਤੇ ਕੁੱਝ ਹੋਰ ਲੋਕ ਹੋਣਗੇ ਇਹ ਹਰੇਕ (ਜੰਨਤੀ ਤੇ ਨਰਕੀ) ਨੂੰ ਉਹਨਾਂ ਦੇ ਲੱਛਣਾ ਤੋਂ ਪਛਾਣ ਲੈਣਗੇ। ਉਹ ਜੰਨਤੀਆਂ ਨੂੰ ਪੁਕਾਰਦੇ ਹੋਏ ਆਖਣਗੇ ਕਿ ਅੱਸਲਾਮਾ ਅਲੈਕੁਮ (ਤੁਹਾਡੇ 'ਤੇ ਸਲਾਮਤੀ ਹੋਵੇ) ਇਹ ਆਰਾਫ਼ ਵਾਲੇ ਜੰਨਤ ਵਿਚ ਦਾਖ਼ਲ ਤਾਂ ਨਹੀਂ ਹੋਏ ਹੋਣਗੇ, ਹਾਂ! ਆਸਵੰਦ ਹੋਣਗੇ।

۞وَإِذَا صُرِفَتۡ أَبۡصَٰرُهُمۡ تِلۡقَآءَ أَصۡحَٰبِ ٱلنَّارِ
قَالُواْ رَبَّنَا لَا تَجۡعَلۡنَا مَعَ ٱلۡقَوۡمِ ٱلظَّٰلِمِينَ ٤٧

47. ਜਦੋਂ ਉਹਨਾਂ (ਆਰਾਫ਼ ਵਾਲਿਆਂ ਦੀਆਂ) ਨਜ਼ਰਾਂ ਨਰਕੀਆਂ ਵੱਲ ਜਾਣਗੀਆਂ ਫੇਰ ਆਖਣਗੇ ਕਿ ਹੇ ਸਾਡੇ ਰੱਬਾ! ਸਾਨੂੰ ਇਹਨਾਂ ਜ਼ਾਲਮਾਂ ਦੇ ਸੰਗ ਨਾ ਰੱਖੀਂ।

وَنَادَىٰٓ أَصۡحَٰبُ ٱلۡأَعۡرَافِ رِجَالٗا يَعۡرِفُونَهُم
بِسِيمَىٰهُمۡ قَالُواْ مَآ أَغۡنَىٰ عَنكُمۡ جَمۡعُكُمۡ وَمَا
كُنتُمۡ تَسۡتَكۡبِرُونَ ٤٨

48. ਆਰਾਫ਼ ਵਾਲੇ ਕੁੱਝ (ਨਰਕਧਾਰੀ) ਲੋਕਾਂ ਨੂੰ ਉਹਨਾਂ ਦੇ ਲੱਛਣਾ ਤੋਂ ਪਛਾਣ ਕੇ ਆਵਾਜ਼ ਦੇਣਗੇ ਕਿ ਨਾ ਅੱਜ ਤੁਹਾਡੇ ਜੱਥੇ ਨੇ ਅਤੇ ਨਾ ਹੀ ਤੁਹਾਡੀ (ਜੀਵਨ ਸਮੱਗਰੀ) ਨੇ ਤੁਹਾਨੂੰ ਕੋਈ ਲਾਭ ਦਿੱਤਾ ਹੈ ਜਿਸ 'ਤੇ ਤੁਸੀਂ ਘਮੰਡ ਕਰਦੇ ਸਾਂ।

[1] ਆਰਾਫ਼ ਜੰਨਤ ਤੇ ਨਰਕ ਵਿਚਾਲੇ ਦੀ ਥਾਂ ਨੂੰ ਕਿਹਾ ਜਾਂਦਾ ਹੈ। (ਤਫ਼ਸੀਰ-ਏ-ਕੁਰਤਬੀ: 211/7)

49 ਕੀ ਇਹ ਉਹੀਓ ਲੋਕੀ ਹਨ ਜਿਨ੍ਹਾਂ ਬਾਰੇ ਤੁਸੀਂ ਕਸਮਾਂ ਖਾ ਖਾ ਕੇ ਕਿਹਾ ਕਰਦੇ ਸੀ ਕਿ ਅੱਲਾਹ ਇਹਨਾਂ 'ਤੇ ਕਦੇ ਵੀ ਆਪਣੀਆਂ ਮਿਹਰਾਂ ਨਹੀਂ ਕਰੇਗਾ (ਜਦ ਕਿ ਇਹਨਾਂ ਨੂੰ ਤਾਂ ਹੁਕਮ ਹੋ ਗਿਆ ਹੈ ਕਿ) ਤੁਸੀਂ ਜੰਨਤ ਵਿਚ ਦਾਖ਼ਲ ਹੋ ਜਾਓ। ਅਜ ਨਾ ਤੁਹਾਡੇ ਲਈ ਕੋਈ ਡਰ ਹੈ ਅਤੇ ਨਾ ਹੀ ਕੋਈ ਚਿੰਤਾ ਹੈ।

أَهَٰؤُلَاءِ الَّذِينَ أَقْسَمْتُمْ لَا يَنَالُهُمُ اللَّهُ
بِرَحْمَةٍ ۚ ادْخُلُوا الْجَنَّةَ لَا خَوْفٌ عَلَيْكُمْ
وَلَا أَنتُمْ تَحْزَنُونَ (49)

50. ਅਤੇ ਨਰਕੀ ਜੰਨਤੀਆਂ ਨੂੰ ਪੁਕਾਰ ਕੇ ਆਖਣਗੇ ਕਿ ਸਾਡੇ 'ਤੇ ਥੋੜ੍ਹਾ ਪਾਣੀ ਹੀ ਪਾ ਦਿਓ ਜਾਂ ਜਿਹੜਾ ਰਿਜ਼ਕ ਅੱਲਾਹ ਨੇ ਤੁਹਾਨੂੰ ਦੇ ਛੱਡਿਆ ਹੈ ਉਸ ਵਿੱਚੋਂ ਕੁੱਝ ਸਾਨੂੰ ਵੀ ਦੇ ਦਿਓ। ਜੰਨਤੀ ਆਖਣਗੇ ਕਿ ਅੱਲਾਹ ਨੇ ਦੋਵੇਂ ਚੀਜ਼ਾਂ ਕਾਫ਼ਿਰਾਂ ਲਈ ਹਰਾਮ ਕਰ ਰੱਖਿਆ ਹੈ।

وَنَادَىٰ أَصْحَابُ النَّارِ أَصْحَابَ الْجَنَّةِ أَنْ أَفِيضُوا
عَلَيْنَا مِنَ الْمَاءِ أَوْ مِمَّا رَزَقَكُمُ اللَّهُ ۚ قَالُوا إِنَّ
اللَّهَ حَرَّمَهُمَا عَلَى الْكَافِرِينَ (50)

51. ਜਿਨ੍ਹਾਂ ਨੇ ਸੰਸਾਰ ਵਿਚ ਆਪਣੇ ਧਰਮ ਨੂੰ ਖੇਡ ਤਮਾਸ਼ਾ ਬਣਾ ਰੱਖਿਆ ਸੀ ਅਤੇ ਜਿਨ੍ਹਾਂ ਨੂੰ ਸੰਸਾਰਿਕ ਜੀਵਨ ਨੇ ਧੋਖੇ ਵਿਚ ਪਾਇਆ ਹੋਇਆ ਸੀ ਅੱਜ ਅਸੀਂ (ਅੱਲਾਹ) ਉਹਨਾਂ ਨੂੰ ਉਸੇ ਤਰ੍ਹਾਂ ਭੁਲ ਜਾਵਾਂਗੇ ਜਿਵੇਂ ਕਿ ਉਹਨਾਂ ਨੇ ਇਸ ਕਿਆਮਤ) ਦਿਹਾੜੇ ਦੀ ਮਿਲਣੀ ਨੂੰ ਭੁਲਾ ਛੱਡਿਆ ਸੀ ਅਤੇ ਸਾਡੀਆਂ ਆਇਤਾਂ (ਰੱਬੀ ਕਲਾਮ) ਦਾ ਇਨਕਾਰ ਕਰਦੇ ਸਨ।

الَّذِينَ اتَّخَذُوا دِينَهُمْ لَهْوًا وَلَعِبًا وَغَرَّتْهُمُ
الْحَيَاةُ الدُّنْيَا ۚ فَالْيَوْمَ نَنسَاهُمْ كَمَا نَسُوا
لِقَاءَ يَوْمِهِمْ هَٰذَا وَمَا كَانُوا بِآيَاتِنَا
يَجْحَدُونَ (51)

52 ਅਤੇ ਅਸੀਂ ਇਹਨਾਂ ਲੋਕਾਂ ਕੋਲ ਇਕ ਅਜਿਹੀ ਕਿਤਾਬ (ਰਸੂਲ ਰਾਹੀਂ) ਪਹੁੰਚਾਈ ਹੈ ਜਿਸ ਵਿਚ ਅਸੀਂ ਆਪਣੇ ਗਿਆਨ ਦੇ ਆਧਾਰਿਤ ਬਹੁਤ ਹੀ ਵਿਸਥਾਰ ਨਾਲ (ਹਰ ਗੱਲ) ਬਿਆਨ ਕੀਤਾ ਹੈ। ਜਦ ਕਿ ਇਹ ਉਹਨਾਂ ਲੋਕਾਂ ਲਈ ਹਿਦਾਇਤ ਤੇ ਰਹਿਮਤ ਹੈ ਜਿਹੜੇ ਈਮਾਨ ਲਿਆਏ ਹਨ।

وَلَقَدْ جِئْنَاهُم بِكِتَابٍ فَصَّلْنَاهُ عَلَىٰ عِلْمٍ هُدًى
وَرَحْمَةً لِّقَوْمٍ يُؤْمِنُونَ (52)

53. ਇਹਨਾਂ ਲੋਕਾਂ ਨੂੰ ਹੋਰ ਕਿਸੇ ਗੱਲ ਦੀ ਉਡੀਕ ਨਹੀਂ ਕੇਵਲ ਇਸ (ਸੰਸਾਰ) ਦੇ ਅੰਤ ਦੀ ਉਡੀਕ ਕਰ ਰਹੇ ਹਨ। ਜਿਸ ਦਿਨ ਇਸ (ਸੰਸਾਰ) ਦਾ ਅੰਤ ਆਵੇਗਾ ਤਾਂ ਜਿਹੜੇ ਲੋਕ ਇਸ ਨੂੰ ਭੁੱਲੀ ਬੈਠੇ ਸਨ ਉਹ ਆਖਣਗੇ ਕਿ ਬੇਸ਼ੱਕ ਸਾਡੇ ਰੱਬ ਦੇ ਪੈਗ਼ੰਬਰ ਹੱਕ ਲੈ ਕੇ ਆਏ ਸਨ। ਕੀ ਸਾਡਾ ਕੋਈ ਸਿਫ਼ਾਰਸ਼ੀ ਹੈ ਕਿ ਉਹ ਸਾਡੀ ਲਈ (ਰੱਬ ਦੇ ਕੋਲ) ਸਿਫ਼ਾਰਸ਼ ਕਰੇ? ਜਾਂ ਸਾਨੂੰ ਮੁੜ ਸੰਸਾਰ ਵਿਚ ਭੇਜੇ ਤਾਂ ਜੋ ਅਸੀਂ ਇਹਨਾਂ ਕੰਮਾਂ ਦੀ ਥਾਂ ਦੂਜੇ ਕੰਮ ਕਰੀਏ ਜੋ ਅਸੀਂ ਪਹਿਲਾਂ ਕਰਿਆ ਕਰਦੇ ਸੀ। ਬੇਸ਼ੱਕ ਇਹਨਾਂ ਲੋਕਾਂ ਨੇ ਆਪਣੇ ਆਪ ਨੂੰ ਘਾਟੇ ਵਿਚ ਪਾ ਲਿਆ ਅਤੇ ਜਿਹੜੀਆਂ ਗੱਲਾਂ ਉਹ ਬਣਾਉਂਦੇ ਸਨ ਅੱਜ ਉਹ ਸਾਰੀਆਂ ਗੁਆਚੀਆਂ ਗਈਆਂ।

هَلْ يَنْظُرُونَ إِلَّا تَأْوِيلَهُ ۚ يَوْمَ يَأْتِي تَأْوِيلُهُ
يَقُولُ الَّذِينَ نَسُوهُ مِنْ قَبْلُ قَدْ جَاءَتْ رُسُلُ
رَبِّنَا بِالْحَقِّ فَهَلْ لَنَا مِنْ شُفَعَاءَ فَيَشْفَعُوا
لَنَا أَوْ نُرَدُّ فَنَعْمَلَ غَيْرَ الَّذِي كُنَّا نَعْمَلُ ۚ قَدْ
خَسِرُوا أَنْفُسَهُمْ وَضَلَّ عَنْهُمْ مَا كَانُوا
يَفْتَرُونَ ﴿٥٣﴾

54. ਬੇਸ਼ੱਕ ਤੇਰਾ ਰੱਬ ਉਹ ਅੱਲਾਹ ਹੀ ਹੈ ਜਿਸ ਨੇ ਛੇ ਦਿਨਾਂ ਵਿਚ ਸਾਰੇ ਅਕਾਸ਼ਾਂ ਤੇ ਧਰਤੀ ਨੂੰ ਪੈਦਾ ਕੀਤਾ ਫੇਰ ਉਹ ਅਰਸ਼ (ਰਾਜ ਸਿੰਘਾਸਨ) 'ਤੇ ਜਾ ਬੈਠਿਆ। ਉਹ (ਅੱਲਾਹ) ਦਿਨ ਨੂੰ ਰਾਤ ਨਾਲ ਇੰਜ ਢੱਕ ਦਿੰਦਾ ਹੈ ਕਿ ਉਹ ਰਾਤ ਛੇਤੀ ਹੀ ਦਿਨ ਦੇ ਪਿੱਛੇ ਚੱਲੀ ਆਉਂਦੀ ਹੈ। ਉਸ ਨੇ ਸੂਰਜ, ਚੰਨ, ਅਤੇ ਤਾਰਿਆਂ ਨੂੰ ਪੈਦਾ ਕੀਤਾ ਕਿ ਉਹ ਸਾਰੇ ਉਸ (ਅੱਲਾਹ ਦੇ) ਹੁਕਮ ਅਧੀਨ ਹਨ। ਖ਼ਬਰਦਾਰ ਰਹੋ। ਪੈਦਾ ਕਰਨਾ ਤੇ ਹੁਕਮ ਦੇਣਾ ਉਸੇ ਨੂੰ ਹੀ ਸ਼ੋਭਾ ਦਿੰਦਾ ਹੈ। ਅੱਲਾਹ, ਸਾਰੇ ਜਹਾਨਾਂ ਦਾ ਪਾਲਣਹਾਰ ਅਤੇ ਬਹੁਤ ਹੀ ਬਰਕਤਾਂ ਵਾਲਾ ਹੈ।

إِنَّ رَبَّكُمُ اللَّهُ الَّذِي خَلَقَ السَّمَاوَاتِ وَالْأَرْضَ
فِي سِتَّةِ أَيَّامٍ ثُمَّ اسْتَوَىٰ عَلَى الْعَرْشِ يُغْشِي
اللَّيْلَ النَّهَارَ يَطْلُبُهُ حَثِيثًا وَالشَّمْسَ وَالْقَمَرَ
وَالنُّجُومَ مُسَخَّرَاتٍ بِأَمْرِهِ ۗ أَلَا لَهُ الْخَلْقُ
وَالْأَمْرُ ۗ تَبَارَكَ اللَّهُ رَبُّ الْعَالَمِينَ ﴿٥٤﴾

55. ਤੁਸੀਂ ਆਪਣੇ ਪਾਲਣਹਾਰ ਤੋਂ ਗਿੜਗਿੜਾਉਂਦੇ ਹੋਏ ਅਤੇ ਹੌਲੇ ਹੌਲੇ ਦੁਆਵਾਂ ਕਰਿਆ ਕਰੋ। ਬੇਸ਼ੱਕ ਉਹ (ਅੱਲਾਹ) ਹੱਦੋਂ ਟੱਪਣ ਵਾਲਿਆਂ ਨੂੰ ਪਸੰਦ ਨਹੀਂ ਕਰਦਾ।

ادْعُوا رَبَّكُمْ تَضَرُّعًا وَخُفْيَةً ۚ إِنَّهُ لَا يُحِبُّ
الْمُعْتَدِينَ ﴿٥٥﴾

56. ਧਰਤੀ ਵਿਚ ਜਦ ਕਿ ਇਸ ਨੂੰ ਸੁਆਰਿਆ ਜਾ ਚੁੱਕਿਆ ਹੈ, ਵਿਗਾੜ ਨਾ ਪੈਦਾ ਕਰੋ ਅਤੇ ਡਰਦੇ ਹੋਏ ਤੇ (ਬਖ਼ਸ਼ਿਸ਼ ਦੀਆਂ) ਆਸਾਂ ਰੱਖਦੇ ਹੋਏ ਉਸੇ ਨੂੰ ਹੀ ਪੁਕਾਰੋ। ਬੇਸ਼ੱਕ ਅੱਲਾਹ ਦੀਆਂ ਮਿਹਰਾਂ ਸੋਹਣੇ ਚਰਿੱਤਰ ਵਾਲਿਆਂ ਦੇ ਵਧੇਰੇ ਨੇੜੇ ਹਨ।

وَلَا تُفْسِدُوا فِي الْأَرْضِ بَعْدَ إِصْلَاحِهَا وَادْعُوهُ
خَوْفًا وَطَمَعًا ۚ إِنَّ رَحْمَتَ اللَّهِ قَرِيبٌ مِنَ
الْمُحْسِنِينَ (56)

57. ਅਤੇ ਉਹ (ਅੱਲਾਹ) ਹੀ ਹੈ ਜਿਹੜਾ ਆਪਣੀ ਰਹਿਮਤ (ਦੀ ਬਾਰਸ਼) ਤੋਂ ਪਹਿਲਾਂ ਖ਼ੁਸ਼ਖ਼ਬਰੀਆਂ ਦੇਣ ਵਾਲੀਆਂ ਹਵਾਵਾਂ ਨੂੰ ਭੇਜਦਾ ਹੈ। ਜਦੋਂ ਉਹ ਹਵਾਵਾਂ ਭਾਰੀ (ਪਾਣੀ ਵਾਲੇ) ਬੱਦਲਾਂ ਨੂੰ ਚੁਕਦੀਆਂ ਹਨ ਤਾਂ ਅਸੀਂ ਇਹਨਾਂ ਬੱਦਲਾਂ ਨੂੰ ਕਿਸੇ ਨਿਰਜੀਵ (ਬੰਜਰ) ਧਰਤੀ ਵੱਲ ਤੋਰ ਦਿੰਦੇ ਹਾਂ। ਫੇਰ ਅਸੀਂ ਇਹਨਾਂ ਬੱਦਲਾਂ ਤੋਂ ਪਾਣੀ ਵਰਾਉਂਦੇ ਹਾਂ, ਫੇਰ ਇਸ ਪਾਣੀ ਤੋਂ ਹਰ ਪ੍ਰਕਾਰ ਦੇ ਫਲ (ਧਰਤੀ ਵਿੱਚੋਂ) ਕੱਢਦੇ ਹਾਂ। ਇਸੇ ਤਰ੍ਹਾਂ ਅਸਾਂ ਮੁਰਦਿਆਂ ਨੂੰ (ਧਰਤੀ ਵਿੱਚੋਂ) ਕੱਢ ਕੇ ਖੜਾ ਕਰ ਦੇਵਾਂਗੇ ਤਾਂ ਜੋ ਤੁਸੀਂ ਸਿੱਖਿਆ ਗ੍ਰਹਿਣ ਕਰੋ।

وَهُوَ الَّذِي يُرْسِلُ الرِّيَاحَ بُشْرًا بَيْنَ يَدَيْ
رَحْمَتِهِ ۖ حَتَّىٰ إِذَا أَقَلَّتْ سَحَابًا ثِقَالًا سُقْنَاهُ
لِبَلَدٍ مَيِّتٍ فَأَنْزَلْنَا بِهِ الْمَاءَ فَأَخْرَجْنَا بِهِ
مِنْ كُلِّ الثَّمَرَاتِ ۚ كَذَٰلِكَ نُخْرِجُ الْمَوْتَىٰ
لَعَلَّكُمْ تَذَكَّرُونَ (57)

58 ਜਿਹੜੀ ਧਰਤੀ ਚੰਗੀ (ਉਪਜਾਊ) ਹੁੰਦੀ ਹੈ ਉਸ ਦੀ ਉਪਜ ਤਾਂ ਅੱਲਾਹ ਦੇ ਹੁਕਮ ਨਾਲ ਬਥੇਰੀ ਨਿਕਲਦੀ ਹੈ ਅਤੇ ਜਿਹੜੀ ਧਰਤੀ ਖ਼ਰਾਬ ਹੁੰਦੀ ਹੈ ਉਸ ਦੀ ਉਪਜ ਬਹੁਤ ਹੀ ਨਿਕੰਮੀ ਹੁੰਦੀ ਹੈ। ਇਸ ਤਰ੍ਹਾਂ ਅਸੀਂ ਖੋਲ੍ਹ ਖੋਲ੍ਹ ਕੇ ਆਪਣੀਆਂ ਦਲੀਲਾਂ ਬਿਆਨ ਕਰਦੇ ਹਾਂ ਉਹਨਾਂ ਲੋਕਾਂ ਲਈ ਜਿਹੜੇ ਸ਼ੁਕਰ ਅਦਾ ਕਰਦੇ ਹਨ।

وَالْبَلَدُ الطَّيِّبُ يَخْرُجُ نَبَاتُهُ بِإِذْنِ
رَبِّهِ ۖ وَالَّذِي خَبُثَ لَا يَخْرُجُ إِلَّا نَكِدًا ۚ
كَذَٰلِكَ نُصَرِّفُ الْآيَاتِ لِقَوْمٍ يَشْكُرُونَ (58)

59 ਅਸੀਂ ਨੂਹ ਨੂੰ ਉਸ ਦੀ ਕੌਮ ਵੱਲ (ਪੈਗ਼ੰਬਰ ਬਣਾਕੇ) ਭੇਜਿਆ। ਉਹਨਾਂ ਨੇ ਆਖਿਆ ਕਿ ਹੇ ਮੇਰੀ ਕੌਮ। ਤੁਸੀਂ ਅੱਲਾਹ ਦੀ ਹੀ ਇਬਾਦਤ ਕਰੋ ਉਸ ਤੋਂ ਛੁੱਟ ਹੋਰ ਕੋਈ ਤੁਹਾਡਾ ਇਸ਼ਟ ਨਹੀਂ, ਮੈਂ ਤੁਹਾਡੇ 'ਤੇ ਇਕ ਵੱਡੇ ਦਿਨ (ਕਿਆਮਤ) ਦੇ ਅਜ਼ਾਬ ਆਉਣ ਤੋਂ ਡਰਦਾ ਹੈ।

لَقَدْ أَرْسَلْنَا نُوحًا إِلَىٰ قَوْمِهِ فَقَالَ يَا قَوْمِ
اعْبُدُوا اللَّهَ مَا لَكُمْ مِنْ إِلَٰهٍ غَيْرُهُ إِنِّي
أَخَافُ عَلَيْكُمْ عَذَابَ يَوْمٍ عَظِيمٍ (59)

60. ਉਸ (ਨੂਹ) ਦੀ ਕੌਮ ਦੇ ਮੁੱਖ ਸਰਦਾਰਾਂ ਨੇ ਆਖਿਆ। ਬੇਸ਼ੱਕ ਅਸੀਂ ਤਾਂ ਤੈਨੂੰ ਸਪਸ਼ਟ ਤੌਰ 'ਤੇ ਕੁਰਾਹੇ ਪਿਆ ਹੋਇਆ ਵੇਖ ਰਹੇ ਹਾਂ।

قَالَ الْمَلَأُ مِنْ قَوْمِهٖٓ اِنَّا لَنَرٰىكَ فِيْ ضَلٰلٍ مُّبِيْنٍ ﴿٦٠﴾

61. ਉਹਨਾਂ(ਨੂਹ) ਨੇ ਆਖਿਆ ਕਿ ਹੇ ਮੇਰੀ ਕੌਮ! ਮੈਂ ਉੱਕਾ ਹੀ ਗੁਮਰਾਹੀ 'ਤੇ ਨਹੀਂ, ਮੈਂ ਤਾਂ ਸੰਸਾਰ ਦੇ ਪਾਲਣਹਾਰ ਦਾ ਰਸੂਲ ਹਾਂ।

قَالَ يٰقَوْمِ لَيْسَ بِيْ ضَلٰلَةٌ وَّلٰكِنِّيْ رَسُوْلٌ مِّنْ رَّبِّ الْعٰلَمِيْنَ ﴿٦١﴾

62. ਮੈਂ ਤੁਹਾਨੂੰ ਆਪਣੇ ਰੱਬ ਦੇ ਪੈਗ਼ਾਮ ਪਹੁੰਚਾਉਂਦਾ ਹਾਂ ਅਤੇ ਤੁਹਾਡੀ ਭਲਾਈ ਚਾਹੁੰਦਾ ਹਾਂ, ਮੈਂ ਅੱਲਾਹ ਵੱਲੋਂ ਉਹਨਾਂ ਗੱਲਾਂ ਦੀ ਖ਼ਬਰ ਰੱਖਦਾ ਹਾਂ ਜਿਨ੍ਹਾਂ ਦੀ ਖ਼ਬਰ ਤੁਹਾਨੂੰ ਨਹੀਂ।

اُبَلِّغُكُمْ رِسٰلٰتِ رَبِّيْ وَاَنْصَحُ لَكُمْ وَاَعْلَمُ مِنَ اللّٰهِ مَا لَا تَعْلَمُوْنَ ﴿٦٢﴾

63. ਕੀ ਤੁਹਾਨੂੰ ਇਸ ਗੱਲ ਦੀ ਹੈਰਾਨੀ ਹੁੰਦੀ ਹੈ ਕਿ ਤੁਹਾਡੇ ਪਾਲਣਹਾਰ ਵੱਲੋਂ ਤੁਹਾਡੇ ਕੋਲ ਇਕ ਅਜਿਹੇ ਬੰਦੇ ਰਾਹੀਂ ਨਸੀਹਤ ਆਈ ਹੈ ਜਿਹੜਾ ਤੁਹਾਡੇ ਹੀ ਵਿੱਚੋਂ ਹੈ ਕਿ ਉਹ ਤੁਹਾਨੂੰ (ਅੱਲਾਹ ਦੀ ਸਜ਼ਾ) ਤੋਂ ਡਰਾਏ ਅਤੇ ਤੁਸੀਂ ਡਰ ਜਾਵੋ ਤਾਂ ਜੋ ਤੁਹਾਡੇ 'ਤੇ ਰਹਿਮ ਕੀਤਾ ਜਾਵੇ।

اَوَعَجِبْتُمْ اَنْ جَآءَكُمْ ذِكْرٌ مِّنْ رَّبِّكُمْ عَلٰى رَجُلٍ مِّنْكُمْ لِيُنْذِرَكُمْ وَلِتَتَّقُوْا وَلَعَلَّكُمْ تُرْحَمُوْنَ ﴿٦٣﴾

64. ਫੇਰ ਉਹਨਾਂ ਨੇ ਉਸ (ਨੂਹ) ਨੂੰ ਝੁਠਲਾਇਆ ਅਤੇ ਅਸੀਂ (ਅੱਲਾਹ ਨੇ) ਉਸ ਨੂੰ ਅਤੇ ਉਸ ਦੇ (ਈਮਾਨ ਲਿਆਉਣ ਵਾਲੇ) ਸਾਥੀਆਂ ਨੂੰ ਇਕ ਬੇੜੀ ਵਿਚ ਛੁਟਕਾਰਾ ਦਿੱਤਾ ਅਤੇ ਜਿਨ੍ਹਾਂ ਲੋਕਾਂ ਨੇ ਸਾਡੀਆਂ ਆਇਤਾਂ (ਰੱਬੀ ਆਦੇਸ਼ਾਂ) ਨੂੰ ਝੁਠਲਾਇਆ ਸੀ ਉਹਨਾਂ ਨੂੰ ਅਸੀਂ ਡੋਬ ਦਿੱਤਾ। ਬੇਸ਼ੱਕ ਉਹ ਲੋਕੀ (ਕੁਫ਼ਰ ਵਿਚ) ਅੰਨ੍ਹੇ ਹੋ ਰਹੇ ਸਨ।

فَكَذَّبُوْهُ فَاَنْجَيْنٰهُ وَالَّذِيْنَ مَعَهٗ فِي الْفُلْكِ وَاَغْرَقْنَا الَّذِيْنَ كَذَّبُوْا بِاٰيٰتِنَا ؕ اِنَّهُمْ كَانُوْا قَوْمًا عَمِيْنَ ﴿٦٤﴾

65. ਅਸੀਂ ਆਦ ਕੌਮ ਵੱਲ ਉਹਨਾਂ ਦੇ ਹੀ ਭਰਾ ਹੂਦ ਨੂੰ (ਨਬੀ ਬਣਾ ਕੇ) ਭੇਜਿਆ। ਉਸ ਨੇ ਆਖਿਆ ਕਿ ਹੇ ਮੇਰੀ ਕੌਮ! ਤੁਸੀਂ ਅੱਲਾਹ ਦੀ ਹੀ ਇਬਾਦਤ ਕਰੋ ਉਸ ਤੋਂ ਛੁੱਟ ਤੁਹਾਡਾ ਕੋਈ ਇਸ਼ਟ ਨਹੀਂ। ਕੀ ਤੁਸੀਂ (ਅੱਲਾਹ ਤੋਂ) ਨਹੀਂ ਡਰਦੇ?

وَاِلٰى عَادٍ اَخَاهُمْ هُوْدًا ؕ قَالَ يٰقَوْمِ اعْبُدُوا اللّٰهَ مَا لَكُمْ مِّنْ اِلٰهٍ غَيْرُهٗ ؕ اَفَلَا تَتَّقُوْنَ ﴿٦٥﴾

66. ਉਸ ਦੀ ਕੌਮ ਦੇ ਕਾਫ਼ਿਰ ਸਰਦਾਰਾਂ ਨੇ ਕਿਹਾ ਕਿ ਅਸੀਂ ਤਾਂ ਤੈਨੂੰ ਮੂਰਖਤਾ ਵਿਚ ਫ਼ਸਿਆ ਹੋਇਆ ਵੇਖ ਰਹੇ ਹਾਂ ਅਤੇ ਅਸੀਂ ਤਾਂ ਤੈਨੂੰ ਝੂਠੇ ਲੋਕਾਂ ਵਿਚੋਂ ਸਮਝਦੇ ਹਾਂ।

قَالَ الْمَلَأُ الَّذِينَ كَفَرُوا مِن قَوْمِهِ إِنَّا لَنَرَاكَ فِي سَفَاهَةٍ وَإِنَّا لَنَظُنُّكَ مِنَ الْكَاذِبِينَ ﴿٦٦﴾

67. ਉਸ (ਹੂਦ) ਨੇ ਆਖਿਆ ਕਿ ਹੇ ਮੇਰੀ ਕੌਮ! ਮੈਂ ਕੋਈ ਮੂਰਖ ਨਹੀਂ ਹਾਂ, ਮੈਂ ਤਾਂ ਸਾਰੇ ਜਹਾਨਾਂ ਦੇ ਪਾਲਣਹਾਰ ਵੱਲੋਂ ਭੇਜਿਆ ਹੋਇਆ ਪੈਗ਼ੰਬਰ ਹਾਂ।

قَالَ يَا قَوْمِ لَيْسَ بِي سَفَاهَةٌ وَلَٰكِنِّي رَسُولٌ مِّن رَّبِّ الْعَالَمِينَ ﴿٦٧﴾

68. ਤੁਹਾਨੂੰ ਆਪਣੇ ਰੱਬ ਦਾ ਪੈਗ਼ਾਮ ਪਹੁੰਚਾਉਂਦਾ ਹਾਂ, ਮੈਂ ਤੁਹਾਡਾ ਸੱਚਾ ਸ਼ੁਭ-ਚਿੰਤਕ ਹਾਂ।

أُبَلِّغُكُمْ رِسَالَاتِ رَبِّي وَأَنَا لَكُمْ نَاصِحٌ أَمِينٌ ﴿٦٨﴾

69. ਕੀ ਤੁਹਾਨੂੰ ਇਸ ਗੱਲ ਦੀ ਹੈਰਾਨੀ ਹੈ ਕਿ ਤੁਹਾਡੇ ਪਾਲਣਹਾਰ ਵੱਲੋਂ ਤੁਹਾਡੇ ਵੱਲ ਇਕ ਅਜਿਹੇ ਵਿਅਕਤੀ ਰਾਹੀਂ ਨਸੀਹਤ ਪੁੱਜੀ ਹੈ ਜਿਹੜਾ ਤੁਹਾਡੇ ਵਿੱਚੋਂ ਹੀ ਹੈ ਤਾਂ ਜੋ ਉਹ ਤੁਹਾਨੂੰ (ਰੱਬ ਦੇ ਅਜ਼ਾਬ ਤੋਂ) ਡਰਾਏ। ਤੁਸੀਂ ਇਹ ਗੱਲ ਵੀ ਯਾਦ ਰੱਖੋ ਕਿ ਅੱਲਾਹ ਨੇ ਤੁਹਾਨੂੰ ਨੂਹ ਦੀ ਕੌਮ ਤੋਂ ਬਾਅਦ ਧਰਤੀ ਦਾ ਜਾਨਸ਼ੀਨ ਬਣਾਇਆ ਅਤੇ ਤੁਹਾਨੂੰ ਵਧੇਰੇ ਰਿਸ਼ਟ ਪੁਸ਼ਟ ਕੀਤਾ, ਸੋ ਤੁਸੀਂ ਅੱਲਾਹ ਦੀਆਂ ਨਿਅਮਤਾਂ ਨੂੰ ਯਾਦ ਕਰੋ ਤਾਂ ਜੋ ਤੁਸੀਂ ਸਫਲਤਾ ਪਾਓ।

أَوَعَجِبْتُمْ أَن جَاءَكُمْ ذِكْرٌ مِّن رَّبِّكُمْ عَلَىٰ رَجُلٍ مِّنكُمْ لِيُنذِرَكُمْ ۚ وَاذْكُرُوا إِذْ جَعَلَكُمْ خُلَفَاءَ مِن بَعْدِ قَوْمِ نُوحٍ وَزَادَكُمْ فِي الْخَلْقِ بَسْطَةً ۖ فَاذْكُرُوا آلَاءَ اللَّهِ لَعَلَّكُمْ تُفْلِحُونَ ﴿٦٩﴾

70. ਉਹਨਾਂ (ਹੂਦ ਦੀ ਕੌਮ) ਨੇ ਆਖਿਆ, ਕੀ ਤੂੰ ਸਾਡੇ ਕੋਲ ਇਸ ਲਈ ਆਇਆ ਹੈਂ ਕਿ ਅਸੀਂ ਬਸ ਇਕ ਅੱਲਾਹ ਦੀ ਹੀ ਇਬਾਦਤ ਕਰੀਏ ਅਤੇ ਜਿਨ੍ਹਾਂ ਨੂੰ ਸਾਡੇ ਬਾਪ ਦਾਦਾ ਪੂਜਦੇ ਆਏ ਹਨ ਉਹਨਾਂ ਨੂੰ ਤਿਆਗ ਦਈਏ? ਜਿਹੜੇ ਅਜ਼ਾਬ ਦੀ ਧਮਕੀ ਤੂੰ ਦਿੰਦਾ ਹੈ ਉਹ ਲੈ ਆ, ਜੇ ਤੂੰ ਸੱਚਾ ਹੈ।

قَالُوا أَجِئْتَنَا لِنَعْبُدَ اللَّهَ وَحْدَهُ وَنَذَرَ مَا كَانَ يَعْبُدُ آبَاؤُنَا ۖ فَأْتِنَا بِمَا تَعِدُنَا إِن كُنتَ مِنَ الصَّادِقِينَ ﴿٧٠﴾

71. ਉਸ (ਹੂਦ) ਨੇ ਆਖਿਆ ਕਿ ਹੁਣ ਤੁਹਾਡੇ ਉੱਤੇ ਅੱਲਾਹ ਦਾ ਅਜ਼ਾਬ ਆਉਣ ਵਾਲਾ ਹੀ ਹੈ। ਕੀ ਤੁਸੀਂ ਮੇਰੇ ਨਾਲ ਉਹਨਾਂ ਨਾਵਾਂ ਲਈ ਝਗੜਦੇ ਹੋ ਜਿਨ੍ਹਾਂ ਨੂੰ ਤੁਸੀਂ ਅਤੇ ਤੁਹਾਡੇ ਪਿਓ ਦਾਦਿਆਂ ਨੇ (ਆਪਣੇ ਇਸ਼ਟ) ਘੜ੍ਹ ਲਏ ਹਨ? ਇਹਨਾਂ ਦੇ

قَالَ قَدْ وَقَعَ عَلَيْكُم مِّن رَّبِّكُمْ رِجْسٌ وَغَضَبٌ ۖ أَتُجَادِلُونَنِي فِي أَسْمَاءٍ سَمَّيْتُمُوهَا أَنتُمْ وَآبَاؤُكُم مَّا نَزَّلَ اللَّهُ بِهَا مِن سُلْطَانٍ ۚ فَانتَظِرُوا إِنِّي مَعَكُم مِّنَ الْمُنتَظِرِينَ ﴿٧١﴾

ਇਸ਼ਟ ਹੋਣ ਦੀ ਅੱਲਾਹ ਨੇ ਕੋਈ ਦਲੀਲ ਨਹੀਂ ਭੇਜੀ, ਸੋ ਤੁਸੀਂ (ਅਜ਼ਾਬ ਦੀ) ਉਡੀਕ ਕਰੋ ਮੈਂ ਵੀ ਤੁਹਾਡੇ ਨਾਲ ਉਡੀਕ ਕਰ ਰਿਹਾ ਹਾਂ।

72. ਅੰਤ ਅਸੀਂ ਆਪਣੀ ਮਿਹਰ ਨਾਲ ਉਸ (ਹੂਦ) ਨੂੰ ਅਤੇ ਉਸ ਦੇ ਸਾਥੀਆਂ ਨੂੰ ਬਚਾ ਲਿਆ ਅਤੇ ਉਹਨਾਂ ਲੋਕਾਂ ਦੀ ਜੜ੍ਹ ਵੱਢ ਸੁੱਟੀ ਜਿਹੜੇ ਸਾਡੀਆਂ ਆਇਤਾਂ ਦਾ ਇਨਕਾਰ ਕਰਦੇ ਸੀ ਅਤੇ ਉਹ ਈਮਾਨ ਲਿਆਉਣ ਵਾਲੇ ਵੀ ਨਹੀਂ ਸੀ।

فَأَنجَيْنَٰهُ وَٱلَّذِينَ مَعَهُۥ بِرَحْمَةٍ مِّنَّا
وَقَطَعْنَا دَابِرَ ٱلَّذِينَ كَذَّبُوا۟ بِـَٔايَٰتِنَا
وَمَا كَانُوا۟ مُؤْمِنِينَ ﴿٧٢﴾

73. ਅਸੀਂ ਸਮੂਦ ਵੱਲ ਉਹਨਾਂ ਦੇ ਹੀ ਭਰਾ ਸਾਲੇਹ ਨੂੰ (ਨਬੀ ਬਣਾਕੇ) ਭੇਜਿਆ। ਉਸ ਨੇ ਕਿਹਾ ਕਿ ਹੇ ਮੇਰੀ ਕੌਮ। ਤੁਸੀਂ ਅੱਲਾਹ ਦੀ ਹੀ ਇਬਾਦਤ ਕਰੋ, ਉਸ ਤੋਂ ਛੁੱਟ ਤੁਹਾਡਾ ਕੋਈ ਇਸ਼ਟ ਨਹੀਂ, ਤੁਹਾਡੇ ਕੋਲ ਤੁਹਾਡੇ ਪਾਲਣਹਾਰ ਵੱਲੋਂ ਇਕ ਸਪਸ਼ਟ ਦਲੀਲ ਆ ਚੁੱਕੀ ਹੈ। ਇਹ ਅੱਲਾਹ ਦੀ ਊਠਣੀ ਤੁਹਾਡੇ ਲਈ ਇਕ ਵਿਸ਼ੇਸ਼ ਨਿਸ਼ਾਨੀ ਹੈ ਸੋ ਤੁਸੀਂ ਇਸ ਨੂੰ ਛੱਡ ਦਿਓ ਕਿ ਅੱਲਾਹ ਦੀ ਧਰਤੀ 'ਤੇ ਘੁਗਦੀ-ਚਰਦੀ ਫਿਰੇ ਅਤੇ ਇਸ ਨੂੰ ਕਿਸੇ ਬੁਰੇ ਇਰਾਦੇ ਨਾਲ ਹੱਥ ਨਹੀਂ ਲਾਉਣਾ, ਨਹੀਂ ਤਾਂ ਤੁਹਾਨੂੰ ਦਰਦਨਾਕ ਅਜ਼ਾਬ ਆ ਨੱਪੇਗਾ

وَإِلَىٰ ثَمُودَ أَخَاهُمْ صَٰلِحًا قَالَ يَٰقَوْمِ ٱعْبُدُوا۟
ٱللَّهَ مَا لَكُم مِّنْ إِلَٰهٍ غَيْرُهُۥ قَدْ جَآءَتْكُم بَيِّنَةٌ
مِّن رَّبِّكُمْ هَٰذِهِۦ نَاقَةُ ٱللَّهِ لَكُمْ ءَايَةً فَذَرُوهَا
تَأْكُلْ فِىٓ أَرْضِ ٱللَّهِ وَلَا تَمَسُّوهَا بِسُوٓءٍ
فَيَأْخُذَكُمْ عَذَابٌ أَلِيمٌ ﴿٧٣﴾

74 ਤੁਸੀਂ ਉਸ ਵੇਲੇ ਨੂੰ ਯਾਦ ਕਰੋ ਜਦੋਂ ਅੱਲਾਹ ਨੇ ਤੁਹਾਨੂੰ ਆਦ ਤੋਂ ਮਗਰੋਂ (ਧਰਤੀ ਦਾ) ਜਾਨ-ਨਸ਼ੀਨ ਬਣਾਇਆ ਸੀ ਅਤੇ ਤੁਹਾਨੂੰ ਧਰਤੀ ਉੱਤੇ ਵਸਣ ਦਾ ਟਿਕਾਣਾ ਦਿੱਤਾ। ਤੁਸੀਂ ਇਸ ਦੀ ਨਰਮ ਮਿੱਟੀ ਤੋਂ ਮਹੱਲ ਉਸਾਰਦੇ ਹੋ ਅਤੇ ਪਹਾੜਾਂ ਨੂੰ ਕੱਟ ਕੇ ਘਰ ਬਣਾਉਂਦੇ ਹੋ। ਸੋ ਅੱਲਾਹ ਦੀਆਂ ਨਿਆਮਤਾਂ ਨੂੰ ਯਾਦ ਰੱਖੋ ਅਤੇ ਧਰਤੀ ਵਿਚ ਫ਼ਸਾਦ ਨਾ ਫੈਲਾਓ।

وَٱذْكُرُوٓا۟ إِذْ جَعَلَكُمْ خُلَفَآءَ مِنۢ بَعْدِ عَادٍ
وَبَوَّأَكُمْ فِى ٱلْأَرْضِ تَتَّخِذُونَ مِن
سُهُولِهَا قُصُورًا وَتَنْحِتُونَ ٱلْجِبَالَ
بُيُوتًا فَٱذْكُرُوٓا۟ ءَالَآءَ ٱللَّهِ وَلَا تَعْثَوْا۟
فِى ٱلْأَرْضِ مُفْسِدِينَ ﴿٧٤﴾

75. ਉਸ ਦੀ ਕੌਮ ਦੇ ਘਮੰਡੀ ਸਰਦਾਰਾਂ ਨੇ ਉਹਨਾਂ ਦੀ ਕੌਮ ਦੇ ਕਮਜ਼ੋਰ ਵਰਗ ਦੇ ਲੋਕਾਂ ਨੂੰ ਜਿਹੜੇ ਈਮਾਨ ਲਿਆਏ ਸਨ ਪੁੱਛਿਆ, ਕੀ ਤੁਹਾਨੂੰ ਇਸ ਗੱਲ ਦਾ ਵਿਸ਼ਵਾਸ ਹੈ ਕਿ ਸਾਲੇਹ ਆਪਣੇ ਰੱਬ ਵੱਲੋਂ ਭੇਜਿਆ ਹੋਇਆ (ਪੈਗ਼ੰਬਰ) ਹੈ? ਉਹਨਾਂ ਨੇ ਆਖਿਆ ਕਿ ਬੇਸ਼ੱਕ ਸਾਨੂੰ ਇਸ 'ਤੇ ਪੂਰਾ ਯਕੀਨ ਹੈ ਜੋ ਵੀ ਸੁਨੇਹਾ ਉਸ ਨੂੰ ਦੇਕੇ ਭੇਜਿਆ ਹੈ।

قَالَ الْمَلَأُ الَّذِينَ اسْتَكْبَرُوا مِنْ قَوْمِهِ لِلَّذِينَ اسْتُضْعِفُوا لِمَنْ آمَنَ مِنْهُمْ أَتَعْلَمُونَ أَنَّ صَالِحًا مُرْسَلٌ مِنْ رَبِّهِ ۚ قَالُوا إِنَّا بِمَا أُرْسِلَ بِهِ مُؤْمِنُونَ ﴿75﴾

76. ਉਹ ਹੰਕਾਰੇ ਹੋਏ ਲੋਕ ਆਖਣ ਲੱਗੇ ਕਿ ਜਿਸ ਗੱਲ 'ਤੇ ਤੁਸੀਂ ਯਕੀਨ ਰੱਖਦੇ ਹੋ ਅਸੀਂ ਤਾਂ ਉਸ ਦਾ ਇਨਕਾਰ ਕਰਦੇ ਹਾਂ।

قَالَ الَّذِينَ اسْتَكْبَرُوا إِنَّا بِالَّذِي آمَنْتُمْ بِهِ كَافِرُونَ ﴿76﴾

77. ਸੋ ਉਹਨਾਂ ਨੇ ਊਠਣੀ ਦੀਆਂ ਟੰਗਾਂ ਵੱਢ ਸੁੱਟੀਆਂ ਅਤੇ ਆਪਣੇ ਪਾਲਣਹਾਰ ਦੇ ਹੁਕਮਾਂ ਤੋਂ ਸਰਕਸ਼ੀ ਕੀਤੀ ਅਤੇ ਆਖਣ ਲੱਗੇ ਕਿ ਹੇ ਸਾਲੇਹ! ਜਿਸ (ਅਜ਼ਾਬ) ਦੀ ਤੂੰ ਸਾਨੂੰ ਚਿਤਾਵਨੀ ਦੇ ਰਿਹਾ ਹੈਂ, ਜੇ ਤੂੰ ਪੈਗ਼ੰਬਰਾਂ ਵਿੱਚੋਂ ਹੈਂ ਤਾਂ ਉਹ ਅਜ਼ਾਬ ਲੈ ਆ।

فَعَقَرُوا النَّاقَةَ وَعَتَوْا عَنْ أَمْرِ رَبِّهِمْ وَقَالُوا يَا صَالِحُ ائْتِنَا بِمَا تَعِدُنَا إِنْ كُنْتَ مِنَ الْمُرْسَلِينَ ﴿77﴾

78. ਫੇਰ ਉਹਨਾਂ ਨੂੰ ਇਕ ਭੂਚਾਲ ਨੇ ਆ ਨੱਪਿਆ, ਉਹ ਆਪਣੇ ਘਰਾਂ ਵਿਚ ਮੂਧੇ ਮੂੰਹ ਪਏ ਰਹਿ ਗਏ।

فَأَخَذَتْهُمُ الرَّجْفَةُ فَأَصْبَحُوا فِي دَارِهِمْ جَاثِمِينَ ﴿78﴾

79. ਉਸੇ ਵੇਲੇ ਉਹ (ਸਾਲੇਹ) ਨੇ ਉਹਨਾਂ ਤੋਂ ਮੂੰਹ ਫੇਰ ਲਿਆ ਅਤੇ ਆਖਣ ਲੱਗਾ ਕਿ ਹੇ ਮੇਰੀ ਕੌਮ! ਮੈਂ ਤਾਂ ਤੁਹਾਨੂੰ ਆਪਣੇ ਪਾਲਣਹਾਰ ਦਾ ਹੁਕਮ ਪਹੁੰਚਾ ਦਿੱਤਾ ਅਤੇ ਤੁਹਾਨੂੰ ਨਸੀਹਤ ਕੀਤੀ ਸੀ, ਪਰ ਤੁਸੀਂ ਲੋਕ ਨਸੀਹਤ ਕਰਨ ਵਾਲਿਆਂ ਨੂੰ ਪਸੰਦ ਨਹੀਂ ਸੀ ਕਰਦੇ।

فَتَوَلَّىٰ عَنْهُمْ وَقَالَ يَا قَوْمِ لَقَدْ أَبْلَغْتُكُمْ رِسَالَةَ رَبِّي وَنَصَحْتُ لَكُمْ وَلَٰكِنْ لَا تُحِبُّونَ النَّاصِحِينَ ﴿79﴾

80. ਅਸੀਂ ਲੂਤ ਨੂੰ ਭੇਜਿਆ, ਜਦੋਂ ਉਸ ਨੇ ਆਪਣੀ ਕੌਮ ਨੂੰ ਕਿਹਾ ਕਿ ਤੁਸੀਂ ਉਹ ਅਸ਼ਲੀਲ ਕੰਮ ਕਰਦੇ ਹੋ ਜਿਸ ਨੂੰ ਸੰਸਾਰ ਵਿਚ ਤੁਹਾਥੋਂ ਪਹਿਲਾਂ ਕਿਸੇ ਨੇ ਵੀ ਨਹੀਂ ਸੀ ਕੀਤਾ।

وَلُوطًا إِذْ قَالَ لِقَوْمِهِ أَتَأْتُونَ الْفَاحِشَةَ مَا سَبَقَكُمْ بِهَا مِنْ أَحَدٍ مِنَ الْعَالَمِينَ ﴿80﴾

81 ਤੁਸੀਂ ਇਸਤਰੀਆਂ ਨੂੰ ਛੱਡ ਕੇ ਮਰਦਾਂ ਤੋਂ ਆਪਣੀ ਕਾਮ ਵਾਸਨਾ ਪੂਰੀ ਕਰਦੇ ਹੋ, ਤੁਸੀਂ ਤਾਂ ਹੱਦੋਂ ਟੱਪ ਗਏ ਹੋ।

إِنَّكُمْ لَتَأْتُونَ الرِّجَالَ شَهْوَةً مِّن دُونِ
النِّسَاءِ ۚ بَلْ أَنتُمْ قَوْمٌ مُّسْرِفُونَ ﴿81﴾

82. ਪਰ ਉਸ ਦੀ ਕੌਮ ਨੇ ਉੱਤਰ ਵਿਚ ਕਿਹਾ ਕਿ ਇਹਨਾਂ ਲੋਕਾਂ ਨੂੰ ਆਪਣੀ ਬਸਤੀ ਵਿੱਚੋਂ ਕੱਢ ਦਿਓ, ਇਹ ਲੋਕ ਬਹੁਤ ਹੀ ਪਾਕਬਾਜ਼ ਬਣਦੇ ਹਨ।

وَمَا كَانَ جَوَابَ قَوْمِهِ إِلَّا أَن قَالُوا أَخْرِجُوهُم
مِّن قَرْيَتِكُمْ ۖ إِنَّهُمْ أُنَاسٌ يَتَطَهَّرُونَ ﴿82﴾

83 ਅਖ਼ੀਰ ਅਸੀਂ ਉਸ (ਲੂਤ) ਨੂੰ ਅਤੇ ਉਸ ਦੇ ਘਰ ਵਾਲਿਆਂ ਨੂੰ, ਛੁੱਟ ਉਸ ਦੀ ਪਤਨੀ, ਅਜ਼ਾਬ ਤੋਂ ਬਚਾ ਲਿਆ। ਉਸ ਦੀ (ਪਤਨੀ) ਪਿੱਛੇ ਰਹਿਣ (ਹਲਾਕ ਹੋਣ) ਵਾਲਿਆਂ ਵਿਚ ਜਾ ਰਲੀ।

فَأَنجَيْنَاهُ وَأَهْلَهُ إِلَّا امْرَأَتَهُ كَانَتْ مِنَ
الْغَابِرِينَ ﴿83﴾

84. ਅਤੇ ਅਸੀਂ ਉਹਨਾਂ (ਲੂਤ ਦੀ ਕੌਮ) 'ਤੇ ਪੱਥਰਾਂ ਦਾ ਮੀਂਹ ਬਰਸਾਇਆ। ਵੇਖੋ ਤਾਂ ਸਹੀ ਉਹਨਾਂ ਮੁਜਰਮਾਂ ਦਾ ਅੰਤ ਕਿਹੋ ਜਿਹਾ ਹੋਇਆ!

وَأَمْطَرْنَا عَلَيْهِم مَّطَرًا ۖ فَانظُرْ كَيْفَ كَانَ
عَاقِبَةُ الْمُجْرِمِينَ ﴿84﴾

85. ਅਸੀਂ ਮਦਯਨ ਵਾਲਿਆਂ ਵੱਲ ਉਹਨਾਂ ਦੇ ਭਰਾ ਸ਼ੁਐਬ ਨੂੰ ਭੇਜਿਆ, ਉਸ ਨੇ ਕਿਹਾ ਕਿ ਹੇ ਮੇਰੀ ਕੌਮ! ਤੁਸੀਂ ਅੱਲਾਹ ਦੀ ਹੀ ਇਬਾਦਤ ਕਰੋ ਉਸ ਤੋਂ ਛੁੱਟ ਤੁਹਾਡਾ ਕੋਈ ਇਸ਼ਟ ਨਹੀਂ, ਤੁਹਾਡੇ ਕੋਲ ਤੁਹਾਡੇ ਰੱਬ ਵੱਲੋਂ ਇਕ ਸਪਸ਼ਟ ਦਲੀਲ ਆ ਚੁੱਕੀ ਹੈ ਸੋ ਤੁਸੀਂ ਨਾਪ ਤੇ ਤੋਲ ਪੂਰਾ ਕਰੋ ਅਤੇ ਲੋਕਾਂ ਨੂੰ ਉਹਨਾਂ ਦੀਆਂ ਚੀਜ਼ਾਂ ਘੱਟ ਕਰਕੇ ਨਾ ਦਿਓ ਅਤੇ ਧਰਤੀ ਦੇ ਸੁਧਾਰ ਮਗਰੋਂ ਉਸ ਵਿਚ ਵਿਗਾੜ ਨਾ ਫੈਲਾਓ ਇਸੇ ਵਿਚ ਹੀ ਤੁਹਾਡੀ ਭਲਾਈ ਹੈ, ਜੇ ਤੁਸੀਂ ਸੱਚੇ ਈਮਾਨ ਵਾਲੇ ਹੋ।

وَإِلَىٰ مَدْيَنَ أَخَاهُمْ شُعَيْبًا ۗ قَالَ يَا قَوْمِ اعْبُدُوا
اللَّهَ مَا لَكُم مِّنْ إِلَٰهٍ غَيْرُهُ ۖ قَدْ جَاءَتْكُم
بَيِّنَةٌ مِّن رَّبِّكُمْ ۖ فَأَوْفُوا الْكَيْلَ وَالْمِيزَانَ
وَلَا تَبْخَسُوا النَّاسَ أَشْيَاءَهُمْ وَلَا تُفْسِدُوا
فِي الْأَرْضِ بَعْدَ إِصْلَاحِهَا ۚ ذَٰلِكُمْ خَيْرٌ لَّكُمْ
إِن كُنتُم مُّؤْمِنِينَ ﴿85﴾

86. ਤੁਸੀਂ ਲੋਕਾਂ ਨੂੰ (ਕੁਰਾਹੇ ਪਾਉਣ ਲਈ) ਰਸਤਿਆਂ ਵਿਚ ਨਾ ਬੈਠੋ। ਤੁਸੀਂ ਹਰ ਉਸ ਵਿਅਕਤੀ ਨੂੰ ਡਰਾਉਂਦੇ ਹੋ ਅਤੇ ਅੱਲਾਹ ਦੇ ਰਸਤੇ ਵਿਚ ਚੱਲਣ ਤੋਂ ਰੋਕਦੇ ਹੋ, ਜਿਹੜਾ ਉਸ 'ਤੇ ਈਮਾਨ ਲਿਆਉਂਦਾ ਹੈ ਜਦ ਕਿ ਤੁਸੀਂ ਉਸੇ ਰਾਹ ਵਿਚ ਵਿੰਗ-ਵੱਲ

وَلَا تَقْعُدُوا بِكُلِّ صِرَاطٍ تُوعِدُونَ وَتَصُدُّونَ
عَن سَبِيلِ اللَّهِ مَنْ آمَنَ بِهِ وَتَبْغُونَهَا عِوَجًا ۚ
وَاذْكُرُوا إِذْ كُنتُمْ قَلِيلًا فَكَثَّرَكُمْ ۖ وَانظُرُوا
كَيْفَ كَانَ عَاقِبَةُ الْمُفْسِدِينَ ﴿86﴾

ਲੱਭਦੇ ਹੋ। (ਹੇ ਮੋਮਿਨੋ!) ਯਾਦ ਕਰੋ ਜਦੋਂ ਤੁਸੀਂ ਬਹੁਤ ਹੀ ਥੋੜ੍ਹੇ ਸੀ, ਫੇਰ ਅੱਲਾਹ ਨੇ ਤੁਹਾਡੇ ਵਿਚ ਵਾਧਾ ਕਰ ਦਿੱਤਾ ਅਤੇ ਇਹ ਵੀ ਵੇਖੋ ਕਿ ਫ਼ਸਾਦੀਆਂ ਦਾ ਅੰਤ ਕਿਹੋ ਜਿਹਾ ਹੋਇਆ ਸੀ?

87. ਜੇ ਤੁਹਾਡੇ ਵਿਚ ਕੁੱਝ ਲੋਕ ਉਸ ਰੱਬੀ ਆਦੇਸ਼ 'ਤੇ, ਜਿਸ ਨਾਲ ਮੈਨੂੰ (ਸ਼ੁਐਬ ਨੂੰ) ਭੇਜਿਆ ਗਿਆ ਹੈ, ਈਮਾਨ ਲਿਆਏ ਅਤੇ ਕੁੱਝ ਈਮਾਨ ਨਾ ਲਿਆਏ ਤਾਂ ਰਤਾ ਤੁਸੀਂ ਧੀਰਜ ਰੱਖੋ ਇੱਥੋਂ ਤਕ ਕਿ ਅੱਲਾਹ ਸਾਡੇ ਵਿਚਾਲੇ ਕੋਈ ਫ਼ੈਸਲਾ ਕਰ ਦੇਵੇ ਅਤੇ ਉਹ (ਅੱਲਾਹ) ਸਭ ਤੋਂ ਵਧੀਆ ਫ਼ੈਸਲਾ ਕਰਨ ਵਾਲਾ ਹੈ।

وَإِن كَانَ طَآئِفَةٌ مِّنكُمْ ءَامَنُوا۟ بِٱلَّذِىٓ
أُرْسِلْتُ بِهِۦ وَطَآئِفَةٌ لَّمْ يُؤْمِنُوا۟ فَٱصْبِرُوا۟ حَتَّىٰ
يَحْكُمَ ٱللَّهُ بَيْنَنَا ۚ وَهُوَ خَيْرُ ٱلْحَٰكِمِينَ [1] ٨٧

---

[1] ਇਹ ਫ਼ੈਸਲਾ ਸੰਸਾਰ ਵਿਚ ਵੀ ਹੋ ਸਕਦਾ ਹੈ ਪਰ ਆਖ਼ਿਰਤ ਵਿਚ ਫ਼ੈਸਲਾ ਹੋਣਾ ਲਾਜ਼ਮੀ ਹੈ ਉੱਥੇ ਹਰੇਕ ਤੋਂ ਉਸ ਦੇ ਕੰਮਾਂ ਬਾਰੇ ਪੁੱਛ-ਗਿੱਛ ਹੋਵੇਗੀ ਅਤੇ ਉਸ ਦੀ ਰੌਸ਼ਨੀ ਵਿਚ ਫ਼ੈਸਲੇ ਕੀਤੇ ਜਾਣਗੇ ਜਿਵੇਂ ਹਦੀਸ ਵਿਚ ਨਬੀ (ਸ:) ਨੇ ਫ਼ਰਮਾਇਆ ਹੈ ਕਿ ਤੁਹਾਡੇ ਵਿੱਚੋਂ ਹਰੇਕ ਵਿਅਕਤੀ ਜ਼ਿੰਮੇਵਾਰ ਹੈ ਅਤੇ ਉਸ ਤੋਂ ਉਸ ਦੇ ਅਧੀਨ ਲੋਕਾਂ ਬਾਰੇ ਪੁੱਛਿਆ ਜਾਵੇਗਾ, ਰਾਜਾ ਤੋਂ ਉਸ ਦੀ ਪਰਜਾ ਬਾਰੇ ਪੁੱਛਿਆ ਜਾਵੇਗਾ ਔਰਤ ਆਪਣੇ ਪਤੀ ਦੇ ਘਰ ਅਤੇ ਉਸ ਦੇ ਬੱਚਿਆਂ ਦੀ ਰਖਵਾਲੀ ਕਰਨ ਲਈ ਹੈ ਉਸ ਤੋਂ ਉਹਨਾਂ ਬਾਰੇ ਪੁੱਛ-ਗਿੱਛ ਹੋਵੇਗੀ। ਤੁਹਾਡੇ ਵਿੱਚੋਂ ਹਰ ਵਿਅਕਤੀ ਜ਼ਿੰਮੇਵਾਰ ਹੈ ਅਤੇ ਉਸ ਤੋਂ ਉਸ ਦੇ ਅਧੀਨ ਲੋਕਾਂ ਬਾਰੇ ਪੁੱਛਿਆ ਜਾਵੇਗਾ। (ਸਹੀ ਬੁਖ਼ਾਰੀ, ਹਦੀਸ 7138)

• ਇਕ ਹਦੀਸ ਵਿਚ ਰਸੂਲ (ਸ:) ਨੇ ਫ਼ਰਮਾਇਆ ਜਿਹੜਾ ਕੋਈ ਵਿਖਾਵੇ ਲਈ ਕੋਈ ਨੇਕ ਕੰਮ ਕਰਦਾ ਹੈ ਤਾਂ ਅੱਲਾਹ ਕਿਆਮਤ ਵਾਲੇ ਦਿਨ ਉਸ ਦੀ ਨਿਅੱਤ ਨੂੰ ਲੋਕਾਂ ਸਾਹਮਣੇ ਜ਼ਾਹਿਰ ਕਰੇਗਾ ਜਿਹੜਾ ਕੋਈ ਲੋਕਾਂ ਨਾਲ ਸਖ਼ਤੀ ਕਰੇਗਾ ਤਾਂ ਕਿਆਮਤ ਵਾਲੇ ਦਿਨ ਅੱਲਾਹ ਉਹਨਾਂ 'ਤੇ ਸਖ਼ਤੀ ਕਰੇਗਾ (ਸਹੀ ਬੁਖ਼ਾਰੀ, ਹਦੀਸ 7152) ਇਕ ਵਿਅਕਤੀ ਨੇ ਅੱਲਾਹ ਦੇ ਰਸੂਲ (ਸ:) ਨੂੰ ਆਖਿਆ ਕਿ ਹੇ ਅੱਲਾਹ ਦੇ ਰਸੂਲ! ਕਿਆਮਤ ਕਦੋਂ ਆਵੇਗੀ? ਤਾਂ ਰਸੂਲ (ਸ:) ਨੇ ਪੁੱਛਿਆ ਕਿ ਤੈਨੇ ਉਸ ਕਿਆਮਤ ਲਈ ਕੀ ਤਿਆਰੀ ਕੀਤੀ ਹੋਈ ਹੈ? ਤਾਂ ਉਹ ਵਿਅਕਤੀ ਸ਼ਰਮਿੰਦਾ ਹੋਇਆ ਅਤੇ ਡਰ ਗਿਆ ਅਤੇ ਕਿਹਾ ਕਿ ਹੇ ਅੱਲਾਹ ਦੇ ਰਸੂਲ! ਮੈਂ ਨੇ ਇਸ ਲਈ ਬਹੁਤੇ ਰੋਜ਼ੇ, ਜ਼ਕਾਤ ਤੇ ਨਮਾਜ਼ਾਂ ਤਾਂ ਨਹੀਂ ਪੜ੍ਹੀਆਂ ਪਰ ਮੈਂ ਅੱਲਾਹ ਅਤੇ ਉਸ ਦੇ ਰਸੂਲ ਨਾਲ ਮੁਹੱਬਤ ਕਰਦਾ ਹਾਂ ਇਹ ਸੁਣ ਕੇ ਨਬੀ (ਸ:) ਨੇ ਆਖਿਆ ਕਿ ਤੂੰ ਉਸੇ ਦਾ ਹੀ ਸਾਥੀ ਹੋਵੇਂਗਾ ਜਿਸ ਨਾਲ ਤੂੰ ਮੁਹੱਬਤ ਕਰਦਾ ਹੈਂ (ਸਹੀ ਬੁਖ਼ਾਰੀ ਹਦੀਸ 7153) ਅਬੂਜ਼ਰ (ਰ:ਅ:) ਫ਼ਰਮਾਉਂਦੇ ਹਨ ਇਕ ਵਾਰ ਮੈਂ ਨਬੀ (ਸ:) ਦੀ ਸੇਵਾ ਵਿਚ ਹਾਜ਼ਰ ਹੋਇਆ ਤਾਂ ਆਪ (ਸ:) ਨੇ ਫ਼ਰਮਾਇਆ ਉਸ ਅੱਲਾਹ ਦੀ ਕਸਮ ਜਿਸ ਦੇ ਕਬਜ਼ੇ ਵਿਚ ਮੇਰੀ ਜਾਨ ਹੈ ਜਿਹੜਾ ਕੋਈ ਊਠ, ਗਊ, ਬੱਕਰੀਆਂ ਰੱਖਦਾ ਹੋਇਆ ਵੀ ਜ਼ਕਾਤ ਅਦਾ ਨਹੀਂ ਕਰਦਾ ਤਾਂ ਕਿਆਮਤ ਦਿਹਾੜੇ ਉਹਨਾਂ ਜਾਨਵਰਾਂ ਨੂੰ ਲਿਆਂਦਾ ਜਾਵੇਗਾ ਜਦ ਕਿ ਉਹ ਪਹਿਲਾਂ ਤੋਂ ਬਹੁਤ ਵੱਧ ਮੋਟੇ ਹੋਣਗੇ ਉਹ ਉਸ ਵਿਅਕਤੀ ਨੂੰ ਪੈਰਾਂ ਹੇਠ ਦੱਬਣਗੇ ਅਤੇ ਸਿੰਗਾਂ ਨਾਲ ਮਾਰਣਗੇ ਅਤੇ ਇੰਜ ਹੁੰਦਾ ਰਹੇਗਾ ਅਤੇ ਇਹ ਸਜ਼ਾ ਉਸ ਸਮੇਂ ਤਕ ਮਿਲਦੀ ਰਹੇਗੀ ਜਦੋਂ ਤਕ ਸਾਰੇ ਲੋਕਾਂ ਦਾ ਫ਼ੈਸਲਾ ਨਹੀਂ ਹੋ ਜਾਵੇਗਾ। (ਸਹੀ ਬੁਖ਼ਾਰੀ, ਹਦੀਸ 1460)

88. ਉਸ ਦੀ ਕੌਮ ਦੇ ਘਮੰਡੀ ਸਰਦਾਰਾਂ ਨੇ ਕਿਹਾ ਕਿ ਹੇ ਸ਼ੁਐਬ! ਅਸੀਂ ਤੈਨੂੰ ਅਤੇ ਜਿਹੜੇ ਤੇਰੇ ਨਾਲ ਈਮਾਨ ਲਿਆਉਣ ਵਾਲੇ ਹਨ ਉਹਨਾਂ ਸਭ ਨੂੰ ਆਪਣੀ ਬਸਤੀ 'ਚੋਂ ਕੱਢ ਦੇਵਾਂਗੇ ਜਾਂ ਤੁਸੀਂ ਸਾਡੇ ਧਰਮ ਵਿਚ ਮੁੜ ਆਉਗੇ। ਸ਼ੁਐਬ ਨੇ ਕਿਹਾ, ਕੀ ਅਸੀਂ ਤੁਹਾਡੇ ਉਸ ਧਰਮ ਵੱਲ ਪਰਤ ਆਈਏ ਭਾਵੇਂ ਕਿ ਉਸ ਤੋਂ ਅਸੀਂ ਘਿਰਣਾ ਹੀ ਕਰਦੇ ਹੋਈਏ।

قَالَ الْمَلَأُ الَّذِينَ اسْتَكْبَرُوا مِنْ قَوْمِهِ لَنُخْرِجَنَّكَ يَا شُعَيْبُ وَالَّذِينَ آمَنُوا مَعَكَ مِنْ قَرْيَتِنَا أَوْ لَتَعُودُنَّ فِي مِلَّتِنَا ۚ قَالَ أَوَلَوْ كُنَّا كَارِهِينَ ﴿٨٨﴾

89. ਜੇ ਅਸੀਂ ਤੁਹਾਡੇ ਧਰਮ ਵਿਚ ਆ ਜਾਵਾਂਗੇ ਫੇਰ ਤਾਂ ਅਸੀਂ ਅੱਲਾਹ ਉੱਤੇ ਬਹੁਤ ਹੀ ਝੂਠੀਆਂ ਗੱਲਾਂ ਜੋੜਣ ਵਾਲੇ ਹੋ ਜਾਵਾਂਗੇ ਜਦ ਕਿ ਅੱਲਾਹ ਸਾਨੂੰ (ਤੁਹਾਡੇ ਇਸ ਧਰਮ) ਤੋਂ ਛੁਟਕਾਰਾ ਦੇ ਚੁੱਕਿਆ ਹੈ। ਸਾਨੂੰ ਇਹ ਸ਼ੋਭਾ ਨਹੀਂ ਦਿੰਦਾ ਕਿ ਅਸੀਂ ਉਸ ਧਰਮ ਵਿਚ ਮੁੜ ਆਈਏ। ਹਾਂ, ਜੇ ਸਾਡਾ ਰੱਬ ਹੀ ਇਹ ਚਾਹਵੇ ਤਾਂ ਗੱਲ ਵੱਖਰੀ ਹੈ ਸਾਡੇ ਰੱਬ ਦਾ ਗਿਆਨ ਹਰ ਚੀਜ਼ ਨੂੰ ਆਪਣੇ ਘੇਰੇ ਵਿਚ ਰੱਖਦਾ ਹੈ, ਅਸੀਂ ਅੱਲਾਹ 'ਤੇ ਹੀ ਭਰੋਸਾ ਰੱਖਦੇ ਹਾਂ ਅਤੇ ਉਸੇ ਤੋਂ ਦੁਆ ਕਰਦੇ ਹਾਂ, ਹੇ ਸਾਡੇ ਪਾਲਣਹਾਰ! ਤੂੰ ਸਾਡੇ ਤੇ ਸਾਡੀ ਕੌਮ ਵਿਚਾਲੇ ਹੱਕ ਅਨੁਸਾਰ ਫ਼ੈਸਲਾ ਕਰਦੇ ਅਤੇ ਤੂੰ ਹੀ ਸਭ ਤੋਂ ਵਧੀਆ ਫ਼ੈਸਲਾ ਕਰਨ ਵਾਲਾ ਹੈ।

قَدِ افْتَرَيْنَا عَلَى اللَّهِ كَذِبًا إِنْ عُدْنَا فِي مِلَّتِكُمْ بَعْدَ إِذْ نَجَّانَا اللَّهُ مِنْهَا ۚ وَمَا يَكُونُ لَنَا أَنْ نَعُودَ فِيهَا إِلَّا أَنْ يَشَاءَ اللَّهُ رَبُّنَا ۚ وَسِعَ رَبُّنَا كُلَّ شَيْءٍ عِلْمًا ۚ عَلَى اللَّهِ تَوَكَّلْنَا ۚ رَبَّنَا افْتَحْ بَيْنَنَا وَبَيْنَ قَوْمِنَا بِالْحَقِّ وَأَنْتَ خَيْرُ الْفَاتِحِينَ ﴿٨٩﴾

90. ਉਸ ਦੀ ਕੌਮ ਦੇ ਕੁਫ਼ਰ ਕਰਨ ਵਾਲੇ ਸਰਦਾਰਾਂ ਨੇ ਆਖਿਆ ਕਿ ਹੇ ਲੋਕੋ! ਜੇ ਤੁਸੀਂ ਸ਼ੁਐਬ ਦੀ ਰਾਹ ਟੁਰੋਗੇ ਤਾਂ ਬੇਸ਼ੱਕ ਤੁਸੀਂ ਭਾਰੀ ਘਾਟੇ ਵਿਚ ਰਹੋਗੇ।

وَقَالَ الْمَلَأُ الَّذِينَ كَفَرُوا مِنْ قَوْمِهِ لَئِنِ اتَّبَعْتُمْ شُعَيْبًا إِنَّكُمْ إِذًا لَخَاسِرُونَ ﴿٩٠﴾

91. ਫੇਰ ਉਹਨਾਂ ਨੂੰ ਇਕ ਭੂਚਾਲ ਨੇ ਆ ਫੜ੍ਹਿਆ ਅਤੇ ਉਹ ਆਪਣੇ ਘਰਾਂ ਵਿਚ ਮੂਧੇ ਮੂੰਹ ਪਏ ਰਹੇ ਗਏ।

فَأَخَذَتْهُمُ الرَّجْفَةُ فَأَصْبَحُوا فِي دَارِهِمْ جَاثِمِينَ ﴿٩١﴾

92. ਜਿਨ੍ਹਾਂ ਲੋਕਾਂ ਨੇ ਸ਼ੁਐਬ ਨੂੰ ਝੁਠਲਾਇਆ ਸੀ ਉਹਨਾਂ ਦੀ ਇਹ ਹਾਲਤ ਹੋ ਗਈ ਸੀ ਜਿਵੇਂ ਇਹਨਾਂ ਘਰਾਂ ਵਿਚ ਉਹ ਕਦੇ ਵਸੇ ਹੀ ਨਹੀਂ ਸੀ। ਜਿਨ੍ਹਾਂ ਨੇ ਸ਼ੁਐਬ ਨੂੰ ਝੁਠਲਾਇਆ ਸੀ ਉਹੀਓ ਘਾਟੇ ਵਿਚ ਰਹਿ ਗਏ।

ٱلَّذِينَ كَذَّبُوا۟ شُعَيْبًا كَأَن لَّمْ يَغْنَوْا۟ فِيهَا ۚ
ٱلَّذِينَ كَذَّبُوا۟ شُعَيْبًا كَانُوا۟ هُمُ ٱلْخَٰسِرِينَ ۹۲

93. ਫੇਰ ਸ਼ੁਐਬ ਨੇ ਉਹਨਾਂ ਤੋਂ ਮੂੰਹ ਫੇਰ ਕੇ ਆਖਿਆ ਕਿ ਹੇ ਮੇਰੀ ਕੌਮ! ਮੈਂ ਤੁਹਾਨੂੰ ਆਪਣੇ ਪਾਲਣਹਾਰ (ਰੱਬ) ਦੇ ਸਾਰੇ ਪੈਗ਼ਾਮ ਪਹੁੰਚਾ ਦਿੱਤੇ ਅਤੇ ਤੁਹਾਡੀ ਭਲਾਈ ਚਾਹੀ ਫੇਰ ਭਲਾ ਮੈਂ ਇਨਕਾਰੀਆਂ ਉੱਤੇ ਕਿਉਂ ਅਫ਼ਸੋਸ ਕਰਾਂ?

فَتَوَلَّىٰ عَنْهُمْ وَقَالَ يَٰقَوْمِ لَقَدْ أَبْلَغْتُكُمْ رِسَٰلَٰتِ
رَبِّى وَنَصَحْتُ لَكُمْ ۖ فَكَيْفَ ءَاسَىٰ عَلَىٰ قَوْمٍ
كَٰفِرِينَ ۹۳

94. ਅਸੀਂ ਜਦੋਂ ਵੀ ਕਿਸੇ ਬਸਤੀ (ਕੌਮ) ਵੱਲ ਕੋਈ ਪੈਗ਼ੰਬਰ ਭੇਜਿਆ ਤਾਂ ਉੱਥੋਂ ਦੇ ਵਸਨੀਕਾਂ ਨੂੰ ਪਹਿਲੋਂ ਤੰਗੀ ਤੇ ਤਕਲੀਫ਼ਾਂ ਵਿਚ ਫਸਾਇਆ ਤਾਂ ਜੋ ਉਹ ਆਧੀਨਗੀ ਧਾਰਨ ਕਰ ਲੈਣ।

وَمَآ أَرْسَلْنَا فِى قَرْيَةٍ مِّن نَّبِىٍّ إِلَّآ أَخَذْنَآ
أَهْلَهَا بِٱلْبَأْسَآءِ وَٱلضَّرَّآءِ لَعَلَّهُمْ يَضَّرَّعُونَ ۹۴

95. ਫੇਰ ਅਸੀਂ ਉਹਨਾਂ ਦੀ ਮੰਦਹਾਲੀ ਨੂੰ ਖ਼ੁਸ਼ਹਾਲੀ ਵਿਚ ਬਦਲ ਦਿੱਤਾ ਇੱਥੋਂ ਤਕ ਕਿ ਉਹ ਬਹੁਤ ਵੱਧ ਫੁੱਲ ਗਏ ਅਤੇ ਆਖਣ ਲੱਗੇ ਕਿ ਸਾਡੇ ਬਜ਼ੁਰਗਾਂ 'ਤੇ ਵੀ ਚੰਗੇ-ਮਾੜੇ ਦਿਨ ਆਏ ਸਨ। ਅਖ਼ੀਰ ਅਸੀਂ ਉਹਨਾਂ ਖ਼ੁਸ਼ਹਾਲ ਲੋਕਾਂ ਨੂੰ ਅਚਾਨਕ ਹੀ ਆ ਨੱਪਿਆ ਅਤੇ ਉਹਨਾਂ ਨੂੰ ਖ਼ਬਰ ਤਕ ਨਾ ਹੋ ਸਕੀ।

ثُمَّ بَدَّلْنَا مَكَانَ ٱلسَّيِّئَةِ ٱلْحَسَنَةَ حَتَّىٰ عَفَوا۟
وَّقَالُوا۟ قَدْ مَسَّ ءَابَآءَنَا ٱلضَّرَّآءُ وَٱلسَّرَّآءُ
فَأَخَذْنَٰهُم بَغْتَةً وَهُمْ لَا يَشْعُرُونَ ۹۵

96 ਜੇ ਉਹਨਾਂ ਬਸਤੀਆਂ ਵਾਲੇ ਈਮਾਨ ਲਿਆਉਂਦੇ ਅਤੇ ਪਰਹੇਜ਼ਗਾਰੀ ਇਖ਼ਤਿਆਰ ਕਰਦੇ ਤਾਂ ਅਸੀਂ (ਅੱਲਾਹ) ਉਹਨਾਂ 'ਤੇ ਅਕਾਸ਼ਾਂ ਅਤੇ ਧਰਤੀ ਦੀਆਂ ਬਰਕਤਾਂ ਦੇ ਬੂਹੇ ਖੋਲ੍ਹ ਦਿੰਦੇ ਪਰ ਉਹਨਾਂ (ਸੱਚੇ ਧਰਮ ਨੂੰ) ਝੂਠ ਜਾਣਿਆ ਫੇਰ ਅਸੀਂ ਉਹਨਾਂ ਦੇ (ਭੈੜੇ) ਅਮਲਾਂ ਦੇ ਬਦਲੇ ਉਹਨਾਂ ਨੂੰ ਫੜ ਲਿਆ।

وَلَوْ أَنَّ أَهْلَ ٱلْقُرَىٰٓ ءَامَنُوا۟ وَٱتَّقَوْا۟ لَفَتَحْنَا
عَلَيْهِم بَرَكَٰتٍ مِّنَ ٱلسَّمَآءِ وَٱلْأَرْضِ وَلَٰكِن
كَذَّبُوا۟ فَأَخَذْنَٰهُم بِمَا كَانُوا۟ يَكْسِبُونَ ۹۶

أَفَأَمِنَ أَهْلُ الْقُرَىٰ أَن يَأْتِيَهُم بَأْسُنَا
بَيَاتًا وَهُمْ نَائِمُونَ ﴿97﴾

97. ਕੀ ਫੇਰ ਵੀ ਇਹਨਾਂ ਬਸਤੀਆਂ ਵਾਲੇ ਇਸ ਗੱਲ ਤੋਂ ਨਿਸ਼ਚਿੰਤ ਹੋ ਗਏ ਹਨ ਕਿ ਇਹਨਾਂ 'ਤੇ ਸਾਡਾ ਅਜ਼ਾਬ ਰਾਤ ਨੂੰ ਸੁੱਤੇ ਪਿਆਂ ਆ ਜਾਵੇ?

أَوَأَمِنَ أَهْلُ الْقُرَىٰ أَن يَأْتِيَهُم بَأْسُنَا ضُحًى
وَهُمْ يَلْعَبُونَ ﴿98﴾

98. ਜਾਂ ਬਸਤੀਆਂ ਵਾਲੇ ਇਸ ਗੱਲ ਤੋਂ ਨਹੀਂ ਡਰਦੇ ਕਿ ਇਹਨਾਂ 'ਤੇ ਸਾਡਾ ਅਜ਼ਾਬ ਦਿਨ ਚੜ੍ਹੇ ਆਵੇ ਜਦੋਂ ਉਹ ਖੇਡ ਤਮਾਸ਼ਿਆਂ ਵਿਚ ਮਸਤ ਹੋਣ।

أَفَأَمِنُوا مَكْرَ اللَّهِ ۚ فَلَا يَأْمَنُ مَكْرَ اللَّهِ
إِلَّا الْقَوْمُ الْخَاسِرُونَ ﴿99﴾

99. ਕੀ ਉਹ ਅੱਲਾਹ ਦੇ ਦਾਅ ਤੋਂ ਬੇਪਰਵਾਹ ਹੋ ਗਏ ਹਨ? ਸੋ ਅੱਲਾਹ ਦੇ ਦਾਅ ਤੋਂ ਛੁੱਟ ਉਸ ਤੋਂ, ਜਿਸ ਦੀ ਬਰਬਾਦੀ ਹੀ ਆ ਗਈ ਹੋਵੇ, ਹੋਰ ਕੋਈ ਬੇ-ਪਰਵਾਹ ਨਹੀਂ ਹੁੰਦਾ

أَوَلَمْ يَهْدِ لِلَّذِينَ يَرِثُونَ الْأَرْضَ مِن بَعْدِ
أَهْلِهَا أَن لَّوْ نَشَاءُ أَصَبْنَاهُم بِذُنُوبِهِمْ ۚ وَنَطْبَعُ
عَلَىٰ قُلُوبِهِمْ فَهُمْ لَا يَسْمَعُونَ ﴿100﴾

100. ਕੀ ਉਹਨਾਂ ਲੋਕਾਂ ਨੂੰ, ਜਿਹੜੇ ਧਰਤੀ 'ਤੇ ਪਹਿਲਾਂ ਬੀਤ ਚੁੱਕੇ ਵਸਨੀਕਾਂ ਦੀ ਬਰਬਾਦੀ ਤੋਂ ਮਗਰੋਂ ਇਸ ਦੇ ਵਾਰਸ ਬਣੇ ਹਨ ਇਹ (ਅਜ਼ਾਬ ਦੀ ਗੱਲ) ਅਜੇ ਸਪਸ਼ਟ ਨਹੀਂ ਹੋਈ ਜੇਕਰ ਅਸੀਂ (ਅੱਲਾਹ) ਚਾਹੀਏ ਤਾਂ ਇਹਨਾਂ ਦੇ ਜੁਰਮਾਂ ਕਾਰਨ ਇਹਨਾਂ ਨੂੰ ਹਲਾਕ ਕਰ ਦਈਏ ਅਤੇ ਇਹਨਾਂ ਦੇ ਮਨਾਂ ਉੱਤੇ ਅਸੀਂ ਮੋਹਰਾਂ ਲਗਾ ਦਈਏ ਫੇਰ ਉਹ ਕੁੱਝ ਵੀ ਸੁਣ ਨਹੀਂ ਸਕਣਗੇ।

تِلْكَ الْقُرَىٰ نَقُصُّ عَلَيْكَ مِنْ أَنبَائِهَا ۚ
وَلَقَدْ جَاءَتْهُمْ رُسُلُهُم بِالْبَيِّنَاتِ فَمَا كَانُوا
لِيُؤْمِنُوا بِمَا كَذَّبُوا مِن قَبْلُ ۚ كَذَٰلِكَ يَطْبَعُ
اللَّهُ عَلَىٰ قُلُوبِ الْكَافِرِينَ ﴿101﴾

101. (ਹੇ ਨਬੀ!) ਇਹ ਉਹ ਬਸਤੀਆਂ ਹਨ ਜਿਨ੍ਹਾਂ ਦੀਆਂ ਖ਼ਬਰਾਂ ਅਸੀਂ ਤੁਹਾਨੂੰ ਸੁਣਾ ਰਹੇ ਹਾਂ। ਬੇਸ਼ੱਕ ਉਹਨਾਂ ਦੇ ਰਸੂਲ ਉਹਨਾਂ ਕੋਲ ਖੁੱਲ੍ਹੀਆਂ ਨਿਸ਼ਾਨੀਆਂ ਲੈ ਕੇ ਆਏ ਪਰ ਜਿਸ ਚੀਜ਼ ਨੂੰ ਉਹ ਪਹਿਲਾਂ ਝੁਠਲਾ ਚੁੱਕੇ ਸੀ ਉਸ 'ਤੇ ਈਮਾਨ ਲਿਆਉਣ ਵਾਲੇ ਨਹੀਂ ਸੀ। ਅੱਲਾਹ ਇੰਜ ਹੀ ਕਾਫ਼ਿਰਾਂ ਦੇ ਦਿਲਾਂ 'ਤੇ ਮੋਹਰਾਂ ਲਾ ਦਿੰਦਾ ਹੈ।

وَمَا وَجَدْنَا لِأَكْثَرِهِم مِّنْ عَهْدٍ ۖ وَإِن وَجَدْنَا
أَكْثَرَهُمْ لَفَاسِقِينَ ﴿102﴾

102. ਅਸੀਂ ਇਹਨਾਂ ਵਿੱਚੋਂ ਬਹੁਤਿਆਂ ਨੂੰ ਪ੍ਰਤਿੱਗਿਆ ਦੀ ਪਾਲਣਾ ਕਰਦੇ ਹੋਏ ਨਹੀਂ ਵੇਖਿਆ, ਸਗੋਂ

ਬਹੁਤਿਆਂ ਨੂੰ (ਹੁਕਮਾਂ) ਦੀ ਉਲੰਘਣਾ ਕਰਦੇ ਹੋਏ ਹੀ ਵੇਖਿਆ।

103. ਫੇਰ ਇਹਨਾਂ (ਨਬੀਆਂ) ਤੋਂ ਬਾਅਦ ਅਸੀਂ ਮੂਸਾ ਨੂੰ ਆਪਣੀਆਂ ਨਿਸ਼ਾਨੀਆਂ ਦੇ ਨਾਲ ਫ਼ਿਰਔਨ ਅਤੇ ਉਸ ਦੇ ਦਰਬਾਰੀਆਂ ਕੋਲ ਭੇਜਿਆ ਪਰ ਉਹਨਾਂ ਨੇ ਉਹਨਾਂ ਨਿਸ਼ਾਨੀਆਂ ਨੂੰ (ਸੱਚਾ) ਨਹੀਂ ਮੰਨਿਆ, ਫੇਰ ਵੇਖੋ ਉਹਨਾਂ ਫ਼ਸਾਦੀਆਂ ਦਾ ਅੰਤ ਕਿਹੋ ਜਿਹਾ ਹੋਇਆ ਸੀ?

ثُمَّ بَعَثْنَا مِنْ بَعْدِهِمْ مُوسَىٰ بِآيَاتِنَا إِلَىٰ فِرْعَوْنَ
وَمَلَئِهِ فَظَلَمُوا بِهَا ۖ فَانْظُرْ كَيْفَ كَانَ عَاقِبَةُ
الْمُفْسِدِينَ (103)

104. (ਫ਼ਿਰਔਨ ਦੇ ਦਰਬਾਰ ਵਿਚ ਜਾ ਕੇ) ਮੂਸਾ ਨੇ ਆਖਿਆ ਕਿ ਹੇ ਫ਼ਿਰਔਨ! ਮੈਂ ਕੁੱਲ ਜਹਾਨਾਂ ਦੇ ਪਾਲਣਹਾਰ ਵੱਲੋਂ (ਭੇਜਿਆ ਹੋਇਆ) ਪੈਗ਼ੰਬਰ ਹਾਂ।

وَقَالَ مُوسَىٰ يَا فِرْعَوْنُ إِنِّي رَسُولٌ مِنْ رَبِّ
الْعَالَمِينَ (104)

105. ਮੇਰੇ ਲਈ ਇਹ ਜ਼ਰੂਰੀ ਹੈ ਕਿ ਮੈਂ ਅੱਲਾਹ ਵੱਲੋਂ ਹੱਕ ਸੱਚ ਤੋਂ ਬਿਨਾਂ ਹੋਰ ਕੁੱਝ ਵੀ ਨਾ ਆਖਾਂ। ਮੈਂ ਤੇਰੇ ਵੱਲ ਤੇਰੇ ਰੱਬ ਵੱਲੋਂ (ਰਸੂਲ ਹੋਣ ਦੀਆਂ) ਖੁੱਲ੍ਹੀਆਂ ਨਿਸ਼ਾਨੀਆਂ ਲੈ ਕੇ ਆਇਆ ਹਾਂ, ਸੋ ਤੂੰ ਬਨੀ ਇਸਰਾਈਲ ਨੂੰ ਮੇਰੇ ਨਾਲ ਭੇਜ ਦੇ।

حَقِيقٌ عَلَىٰ أَنْ لَا أَقُولَ عَلَى اللَّهِ إِلَّا الْحَقَّ ۚ قَدْ
جِئْتُكُمْ بِبَيِّنَةٍ مِنْ رَبِّكُمْ فَأَرْسِلْ مَعِيَ بَنِي
إِسْرَائِيلَ (105)

106. ਫ਼ਿਰਔਨ ਨੇ ਕਿਹਾ ਕਿ ਜੇ ਤੂੰ ਕੋਈ ਨਿਸ਼ਾਨੀ ਲੈ ਕੇ ਆਇਆ ਹੈ ਤਾਂ ਉਸ ਨੂੰ ਵਿਖਾ, ਜੇ ਤੂੰ ਸੱਚਾ ਹੈਂ।

قَالَ إِنْ كُنْتَ جِئْتَ بِآيَةٍ فَأْتِ بِهَا إِنْ كُنْتَ
مِنَ الصَّادِقِينَ (106)

107. ਸੋ ਆਪ ਜੀ (ਮੂਸਾ) ਨੇ ਆਪਣਾ ਅਸਾ (ਲਾਠੀ) ਨੂੰ (ਧਰਤੀ 'ਤੇ) ਸੁੱਟਿਆ, ਉਹ ਉਸੇ ਵੇਲੇ ਇਕ ਅਜਗਰ ਵਿਖਾਈ ਦੇਣ ਲੱਗ ਪਿਆ।

فَأَلْقَىٰ عَصَاهُ فَإِذَا هِيَ ثُعْبَانٌ مُبِينٌ (107)

108. ਫੇਰ ਉਸ (ਮੂਸਾ) ਨੇ ਆਪਣਾ ਹੱਥ ਕੁੱਛ ਵਿੱਚੋਂ ਬਾਹਰ ਕੱਢਿਆ ਤਾਂ ਉਹ ਵੇਖਣ ਵਾਲਿਆਂ ਲਈ ਚਮਕਦਾ ਹੋਇਆ ਸਫ਼ੇਦ (ਹੱਥ) ਸੀ।

وَنَزَعَ يَدَهُ فَإِذَا هِيَ بَيْضَاءُ لِلنَّاظِرِينَ (108)

109. ਫ਼ਿਰਔਨ ਦੀ ਕੌਮ ਦੇ ਸਰਦਾਰਾਂ ਨੇ ਆਖਿਆ ਕਿ ਬੇਸ਼ੱਕ ਇਹ ਵਿਅਕਤੀ ਤਾਂ ਇਕ ਮਾਹਿਰ ਜਾਦੂਗਰ ਹੈ।

قَالَ الْمَلَأُ مِنْ قَوْمِ فِرْعَوْنَ إِنَّ
هَٰذَا لَسَاحِرٌ عَلِيمٌ (109)

110. (ਫ਼ਿਰਔਨ ਨੇ ਆਖਿਆ ਕਿ) ਇਹ ਚਾਹੁੰਦਾ ਹੈ ਕਿ ਤੁਹਾਨੂੰ (ਫ਼ਿਰਔਨ ਤੇ ਉਸ ਦੇ ਸਾਥੀਆਂ ਨੂੰ) ਤੁਹਾਡੇ ਦੇਸ਼ ਵਿਚੋਂ ਬਾਹਰ ਕੱਢ ਦੇਵੇ ਤੁਹਾਡਾ ਕੀ ਵਿਚਾਰ ਹੈ?

يُرِيدُ أَن يُخْرِجَكُم مِّنْ أَرْضِكُمْ ۖ فَمَاذَا تَأْمُرُونَ ﴿١١٠﴾

111. (ਫ਼ਿਰਔਨ ਦੇ ਪੁੱਛਣ 'ਤੇ ਦਰਬਾਰੀਆਂ ਨੇ) ਕਿਹਾ ਕਿ ਤੁਸੀਂ ਇਸ (ਮੂਸਾ) ਨੂੰ ਅਤੇ ਇਸ ਦੇ ਭਰਾ (ਹਾਰੂਨ) ਨੂੰ ਥੋੜ੍ਹਾ ਸਮਾਂ ਦੇ ਦਿਓ ਅਤੇ ਸ਼ਹਿਰ ਵਿਚ ਹਰਕਾਰੇ ਭੇਜ ਦਿਓ।

قَالُوا أَرْجِهْ وَأَخَاهُ وَأَرْسِلْ فِي الْمَدَائِنِ حَاشِرِينَ ﴿١١١﴾

112. ਤਾਂ ਜੋ ਉਹ ਸਾਰੇ ਹੀ ਮਾਹਿਰ ਜਾਦੂਗਰਾਂ ਨੂੰ ਤੁਹਾਡੇ ਕੋਲ ਹਾਜ਼ਰ ਕਰਨ।

يَأْتُوكَ بِكُلِّ سَاحِرٍ عَلِيمٍ ﴿١١٢﴾

113. ਜਦੋਂ ਜਾਦੂਗਰ ਫ਼ਿਰਔਨ ਕੋਲ ਹਾਜ਼ਰ ਹੋਏ ਅਤੇ ਕਹਿਣ ਲੱਗੇ ਕਿ ਜੇਕਰ ਅਸੀਂ (ਮੂਸਾ 'ਤੇ) ਭਾਰੂ ਰਹੇ ਤਾਂ ਕੀ ਸਾਨੂੰ ਕੋਈ ਵੱਡਾ ਬਦਲਾ (ਇਨਾਮ) ਮਿਲੇਗਾ?

وَجَاءَ السَّحَرَةُ فِرْعَوْنَ قَالُوا إِنَّ لَنَا لَأَجْرًا إِن كُنَّا نَحْنُ الْغَالِبِينَ ﴿١١٣﴾

114. (ਫ਼ਿਰਔਨ ਨੇ) ਕਿਹਾ, ਹਾਂ। ਤੁਸੀਂ ਮੇਰੇ ਨਿਕਟਵਰਤੀ ਲੋਕਾਂ ਵਿੱਚੋਂ ਹੋ ਜਾਓਗੇ।

قَالَ نَعَمْ وَإِنَّكُمْ لَمِنَ الْمُقَرَّبِينَ ﴿١١٤﴾

115. (ਜਾਦੂਗਰਾਂ ਨੇ) ਕਿਹਾ ਕਿ ਹੇ ਮੂਸਾ! ਪਹਿਲਾਂ ਤੁਸੀਂ (ਜਾਦੂ) ਵਿਖਾਓਗੇ ਜਾਂ ਪਹਿਲਾਂ ਅਸੀਂ ਵਿਖਾਈਏ।

قَالُوا يَا مُوسَىٰ إِمَّا أَن تُلْقِيَ وَإِمَّا أَن نَّكُونَ نَحْنُ الْمُلْقِينَ ﴿١١٥﴾

116. (ਮੂਸਾ) ਨੇ ਆਖਿਆ ਕਿ ਪਹਿਲਾਂ ਤੁਸੀਂ ਹੀ ਕਰੋ। ਫੇਰ ਜਦੋਂ ਉਹਨਾਂ (ਜਾਦੂਗਰਾਂ) ਨੇ (ਆਪਣੀਆਂ ਰੱਸੀਆਂ ਤੇ ਲਾਠੀਆਂ) ਸੁੱਟੀਆਂ ਤਾਂ ਲੋਕਾਂ ਦੀਆਂ ਨਜ਼ਰਾਂ 'ਤੇ ਜਾਦੂ ਹੋ ਗਿਆ ਅਤੇ ਉਹਨਾਂ ਨੂੰ (ਲਾਠੀਆਂ ਤੇ ਰੱਸੀਆਂ ਤੋਂ ਸੱਪ ਬਣਾ ਕੇ) ਡਰਾ ਦਿੱਤਾ, ਉਹ ਬਹੁਤ ਵੱਡਾ ਜਾਦੂ ਲਿਆਏ ਸਨ।

قَالَ أَلْقُوا ۖ فَلَمَّا أَلْقَوْا سَحَرُوا أَعْيُنَ النَّاسِ وَاسْتَرْهَبُوهُمْ وَجَاءُوا بِسِحْرٍ عَظِيمٍ ﴿١١٦﴾

117. ਅਤੇ ਫੇਰ ਅਸੀਂ ਮੂਸਾ ਨੂੰ ਹੁਕਮ ਦਿੱਤਾ ਕਿ ਤੂੰ ਵੀ ਆਪਣਾ ਅਸਾ (ਸੋਟੀ ਇਹਨਾਂ ਸੱਪਾਂ) ਅੱਗੇ

وَأَوْحَيْنَا إِلَىٰ مُوسَىٰ أَنْ أَلْقِ عَصَاكَ ۖ فَإِذَا هِيَ تَلْقَفُ مَا يَأْفِكُونَ ﴿١١٧﴾

ਸੁੱਟਦੇ। ਜਦੋਂ ਉਸ ਨੇ ਸੁੱਟਿਆ ਤਾਂ ਉਹ (ਅਸਾ) ਵੇਖਦੇ ਹੀ ਵੇਖਦੇ (ਅਜਗਰ ਬਣ ਕੇ ਉਹਨਾਂ ਸੱਪਾਂ ਨੂੰ) ਨਿਗਲਣ ਲੱਗ ਪਿਆ, ਜੋ ਉਹ ਜਾਦੂਗਰ ਘੜ ਕੇ ਲਿਆਏ ਸਨ।

118. ਅੰਤ ਸੱਚਾਈ ਸਿੱਧ ਹੋ ਗਈ ਅਤੇ ਉਹਨਾਂ ਨੇ ਜੋ ਕੁੱਝ ਵੀ (ਜਾਦੂ) ਕੀਤਾ ਸੀ ਉਹ ਸਭ ਮਲੀਆਮੇਟ ਹੋ ਗਿਆ।

فَوَقَعَ الْحَقُّ وَبَطَلَ مَا كَانُوا يَعْمَلُونَ ﴿118﴾

119. ਜਾਦੂਗਰਾਂ ਨੇ ਉੱਥੇ ਹੀ ਹਾਰ ਮੰਨ ਲਈ ਅਤੇ ਹੀਣੇ ਹੋ ਕੇ (ਮੈਦਾਨ ਤੋਂ) ਪਰਾਂ ਹੱਟ ਗਏ।

فَغُلِبُوا هُنَالِكَ وَانْقَلَبُوا صٰغِرِينَ ﴿119﴾

120. ਅਤੇ ਸਾਰੇ ਜਾਦੂਗਰ ਸਿਜਦੇ ਵਿਚ ਡਿਗ ਪਏ।

وَأُلْقِيَ السَّحَرَةُ سٰجِدِينَ ﴿120﴾

121. ਆਖਣ ਲੱਗੇ ਕਿ ਅਸੀਂ ਤਾਂ ਸਾਰੇ ਜਹਾਨਾਂ ਦੇ ਰੱਬ 'ਤੇ ਈਮਾਨ ਲਿਆਏ ਹਾਂ।

قَالُوا آمَنَّا بِرَبِّ الْعٰلَمِينَ ﴿121﴾

122. ਜਿਹੜਾ ਮੂਸਾ ਤੇ ਹਾਰੂਨ ਦਾ ਵੀ ਰੱਬ ਹੈ।

رَبِّ مُوسٰى وَهٰرُونَ ﴿122﴾

123. ਫ਼ਿਰਔਨ ਨੇ ਕਿਹਾ ਕਿ ਤੁਸੀਂ ਬਿਨਾਂ ਮੇਰੀ ਆਗਿਆ ਤੋਂ ਇਸ ਮੂਸਾ 'ਤੇ ਈਮਾਨ ਲਿਆਏ ਹੋ, ਬੇਸ਼ੱਕ ਇਹ ਇਕ ਚਾਲ ਹੈ ਜਿਹੜੀ ਤੁਸੀਂ ਇਸ ਸ਼ਹਿਰ ਵਿਚ ਰਲ ਮਿਲ ਕੇ ਰਚੀ ਹੈ ਤਾਂ ਜੋ ਤੁਸੀਂ ਇਸ ਸ਼ਹਿਰ ਦੇ ਵਸਨੀਕਾਂ ਨੂੰ ਇੱਥੋਂ ਬਾਹਰ ਕੱਢ ਦਿਓ। ਛੇਤੀ ਹੀ ਤੁਹਾਨੂੰ ਇਸ ਦੇ ਸਿੱਟੇ ਦਾ ਪਤਾ ਲੱਗ ਜਾਵੇਗਾ।

قَالَ فِرْعَوْنُ آمَنْتُمْ بِهِ قَبْلَ أَنْ آذَنَ لَكُمْ ۚ
إِنَّ هٰذَا لَمَكْرٌ مَكَرْتُمُوهُ فِي الْمَدِينَةِ لِتُخْرِجُوا
مِنْهَا أَهْلَهَا ۖ فَسَوْفَ تَعْلَمُونَ ﴿123﴾

124. ਮੈਂ ਤੁਹਾਡੇ (ਜਾਦੂਗਰਾਂ ਦੇ) ਇਕ ਪਾਸੇ ਦੇ ਹੱਥ ਅਤੇ ਦੂਜੇ ਪਾਸੇ ਦੇ ਪੈਰਾਂ ਨੂੰ ਵਢਵਾ ਦੇਵਾਂਗਾ ਅਤੇ ਤੁਹਾਨੂੰ ਸਾਰਿਆਂ ਨੂੰ ਫ਼ਾਂਸੀ 'ਤੇ ਲਟਕਵਾ ਦੇਵਾਂਗਾ।

لَأُقَطِّعَنَّ أَيْدِيَكُمْ وَأَرْجُلَكُمْ مِنْ خِلَافٍ ثُمَّ
لَأُصَلِّبَنَّكُمْ أَجْمَعِينَ ﴿124﴾

125. ਉਹਨਾਂ (ਜਾਦੂਗਰਾਂ ਨੇ) ਜਵਾਬ ਵਿਚ ਕਿਹਾ ਕਿ ਬੇਸ਼ੱਕ (ਫਾਂਸੀ ਮਗਰੋਂ) ਅਸੀਂ ਆਪਣੇ ਮਾਲਿਕ ਵੱਲ ਹੀ ਪਰਤ ਕੇ ਜਾਵਾਂਗੇ।

قَالُوا إِنَّا إِلٰى رَبِّنَا مُنْقَلِبُونَ ﴿125﴾

21

126. (ਹੇ ਫ਼ਿਰਔਨ!) ਤੂੰ ਸਾਨੂੰ ਇਸ ਲਈ ਸਜ਼ਾ ਦੇ ਰਿਹਾ ਹੈ ਕਿ ਅਸੀਂ ਆਪਣੇ ਰੱਬ ਦੀਆਂ ਨਿਸ਼ਾਨੀਆਂ 'ਤੇ ਈਮਾਨ ਲਿਆਏ ਹਾਂ ਜਦੋਂ ਕਿ ਉਹ ਸਾਡੇ ਸਾਹਮਣੇ ਆ ਗਈਆਂ ਹਨ। ਹੇ ਰੱਬਾ! ਸਾਨੂੰ ਸਬਰ ਦੇ ਅਤੇ ਸਾਨੂੰ ਇਸ ਹਾਲਤ ਵਿਚ ਮੌਤ ਦਈਂ ਕਿ ਅਸੀਂ ਮੁਸਲਮਾਨ ਹੋਈਏ।

وَمَا تَنقِمُ مِنَّا إِلَّا أَنْ آمَنَّا بِآيَاتِ رَبِّنَا لَمَّا جَاءَتْنَا رَبَّنَا أَفْرِغْ عَلَيْنَا صَبْرًا وَتَوَفَّنَا مُسْلِمِينَ ﴿١٢٦﴾

127 ਫ਼ਿਰਔਨ ਦੀ ਕੌਮ ਦੇ ਸਰਦਾਰਾਂ ਨੇ ਕਿਹਾ, ਕੀ ਤੁਸੀਂ ਮੂਸਾ ਅਤੇ ਉਸ ਦੇ ਸਾਥੀਆਂ ਨੂੰ ਐਵੇਂ ਹੀ ਛੱਡ ਦਿਓਗੇ ਤਾਂ ਜੋ ਉਹ ਧਰਤੀ ਉੱਤੇ ਫ਼ਸਾਦ ਕਰਨ ਅਤੇ ਉਹ ਤੁਹਾਨੂੰ ਅਤੇ ਤੁਹਾਡੇ ਇਸ਼ਟਾਂ ਨੂੰ ਛੱਡ ਦੇਣ? ਫ਼ਿਰਔਨ ਨੇ ਕਿਹਾ ਕਿ ਅਸੀਂ ਉਹਨਾਂ ਦੇ ਜੰਮਦੇ ਮੁੰਡਿਆਂ ਨੂੰ ਕਤਲ ਕਰ ਦੇਵਾਂਗੇ ਅਤੇ ਉਹਨਾਂ ਦੀਆਂ ਧੀਆਂ ਨੂੰ (ਜਿਉਂਦੀਆਂ) ਛੱਡ ਦੇਵਾਂਗੇ। ਬੇਸ਼ੱਕ ਅਸੀਂ ਉਹਨਾਂ 'ਤੇ ਹਰ ਪੱਖੋਂ ਭਾਰੂ ਹਾਂ।

وَقَالَ الْمَلَأُ مِن قَوْمِ فِرْعَوْنَ أَتَذَرُ مُوسَىٰ وَقَوْمَهُ لِيُفْسِدُوا فِي الْأَرْضِ وَيَذَرَكَ وَآلِهَتَكَ ۚ قَالَ سَنُقَتِّلُ أَبْنَاءَهُمْ وَنَسْتَحْيِي نِسَاءَهُمْ وَإِنَّا فَوْقَهُمْ قَاهِرُونَ ﴿١٢٧﴾

128 ਮੂਸਾ ਨੇ ਆਪਣੀ ਕੌਮ ਨੂੰ ਕਿਹਾ ਕਿ ਤੁਸੀਂ ਅੱਲਾਹ ਤੋਂ ਮਦਦ ਮੰਗੋ ਅਤੇ ਧੀਰਜ ਤੋਂ ਕੰਮ ਲਵੋ। ਬੇਸ਼ੱਕ ਧਰਤੀ ਤਾਂ ਅੱਲਾਹ ਦੀ ਹੀ ਹੈ, ਉਹ ਆਪਣੇ ਬੰਦਿਆਂ 'ਚੋਂ ਜਿਸ ਨੂੰ ਚਾਹੁੰਦਾ ਹੈ ਉਸ ਦਾ ਵਾਰਸ ਬਣਾ ਦਿੰਦਾ ਹੈ, ਵਧੀਆ ਅੰਤ ਤਾਂ ਪਰਹੇਜ਼ਗਾਰਾਂ ਦਾ ਹੀ ਹੈ।

قَالَ مُوسَىٰ لِقَوْمِهِ اسْتَعِينُوا بِاللَّهِ وَاصْبِرُوا ۖ إِنَّ الْأَرْضَ لِلَّهِ يُورِثُهَا مَن يَشَاءُ مِنْ عِبَادِهِ ۖ وَالْعَاقِبَةُ لِلْمُتَّقِينَ ﴿١٢٨﴾

129 ਉਸ ਦੀ ਕੌਮ ਨੇ ਮੂਸਾ ਨੂੰ ਕਿਹਾ ਕਿ ਤੁਹਾਡੇ ਆਉਣ ਤੋਂ ਪਹਿਲਾਂ ਵੀ ਅਤੇ ਤੁਹਾਥੋਂ ਬਾਅਦ ਵਿਚ ਵੀ ਸਾਨੂੰ ਤਸੀਹੇ ਦਿੱਤੇ ਗਏ। ਮੂਸਾ ਨੇ ਕਿਹਾ ਕਿ ਆਸ ਹੈ ਤੁਹਾਡਾ ਰੱਬ ਛੇਤੀ ਹੀ ਤੁਹਾਡੇ ਵੈਰੀ ਨੂੰ ਮਾਰ ਮੁਕਾਵੇਗਾ ਅਤੇ ਤੁਹਾਨੂੰ ਧਰਤੀ (ਦੇਸ਼) ਦਾ ਵਾਰਸ ਬਣਾ ਦੇਵੇਗਾ ਅਤੇ ਫੇਰ ਵੇਖੇਗਾ ਕਿ ਤੁਸੀਂ ਕੀ ਕਰਦੇ ਹੋ?

قَالُوا أُوذِينَا مِن قَبْلِ أَن تَأْتِيَنَا وَمِن بَعْدِ مَا جِئْتَنَا ۚ قَالَ عَسَىٰ رَبُّكُمْ أَن يُهْلِكَ عَدُوَّكُمْ وَيَسْتَخْلِفَكُمْ فِي الْأَرْضِ فَيَنظُرَ كَيْفَ تَعْمَلُونَ ﴿١٢٩﴾

وَلَقَدْ أَخَذْنَا آلَ فِرْعَوْنَ بِالسِّنِينَ وَنَقْصٍ
مِّنَ الثَّمَرَاتِ لَعَلَّهُمْ يَذَّكَّرُونَ ﴿١٣٠﴾

130. ਫੇਰ ਅਸੀਂ ਫ਼ਿਰਔਨੀਆਂ ਨੂੰ ਕਾਲ ਤੇ ਫਲਾਂ ਦੀ ਉਪਜ ਦੇ ਘਾਟੇ ਵਿਚ ਫਸਾਈ ਰੱਖਿਆ ਤਾਂ ਜੋ ਉਹ ਸਿੱਖਿਆ ਲੈਣ।

فَإِذَا جَاءَتْهُمُ الْحَسَنَةُ قَالُوا لَنَا هَٰذِهِ ۖ
وَإِن تُصِبْهُمْ سَيِّئَةٌ يَطَّيَّرُوا بِمُوسَىٰ
وَمَن مَّعَهُ ۗ أَلَا إِنَّمَا طَائِرُهُمْ عِندَ
اللَّهِ وَلَٰكِنَّ أَكْثَرَهُمْ لَا يَعْلَمُونَ ﴿١٣١﴾

131. ਜਦੋਂ ਉਹਨਾਂ 'ਤੇ ਖ਼ੁਸ਼ਹਾਲੀ ਆ ਜਾਂਦੀ ਤਾਂ ਆਖਦੇ ਕਿ ਇਹ ਤਾਂ ਸਾਡੇ ਲਈ ਹੋਣਾ ਹੀ ਸੀ ਜੇ ਉਹਨਾਂ ਨੂੰ ਕਿਸੇ ਭੈੜੀ ਹਾਲਤ ਦਾ ਸਾਹਮਣਾ ਕਰਨਾ ਪੈਂਦਾ ਤਾਂ ਉਸ ਲਈ ਮੂਸਾ ਅਤੇ ਉਹਨਾਂ ਦੇ ਸਾਥੀਆਂ ਨੂੰ ਬੇ ਭਾਗਾ ਦੱਸਦੇ। ਯਾਦ ਰੱਖੋ ਇਹਨਾਂ ਦੀ ਬੇਭਾਗੀ (ਬਦਸ਼ਗਨੀ) ਤਾਂ ਅੱਲਾਹ ਦੇ ਕੋਲ ਹੈ ਪਰ ਇਹਨਾਂ ਵਿਚ ਕਿੰਨੇ ਹੀ ਲੋਕ ਜਾਣਦੇ ਹੀ ਨਹੀਂ।

وَقَالُوا مَهْمَا تَأْتِنَا بِهِ مِنْ آيَةٍ لِّتَسْحَرَنَا بِهَا
فَمَا نَحْنُ لَكَ بِمُؤْمِنِينَ ﴿١٣٢﴾

132 ਅਤੇ ਉਹ ਕਹਿੰਦੇ ਸੀ ਕਿ (ਹੇ ਮੂਸਾ!) ਤੂੰ ਸਾਡੇ ਸਾਹਮਣੇ ਭਾਵੇਂ ਕੋਈ ਵੀ ਨਿਸ਼ਾਨੀ, ਸਾਡੇ 'ਤੇ ਜਾਦੂ ਕਰਨ ਲਈ, ਲੈ ਆ ਤਾਂ ਵੀ ਅਸੀਂ ਤੇਰੀ ਗੱਲ ਨਹੀਂ ਮੰਨਣੀ।

فَأَرْسَلْنَا عَلَيْهِمُ الطُّوفَانَ وَالْجَرَادَ وَالْقُمَّلَ
وَالضَّفَادِعَ وَالدَّمَ آيَاتٍ مُّفَصَّلَاتٍ
فَاسْتَكْبَرُوا وَكَانُوا قَوْمًا مُّجْرِمِينَ ﴿١٣٣﴾

133 ਫੇਰ ਅਸੀਂ ਉਹਨਾਂ ਫ਼ਿਰਔਨੀਆਂ 'ਤੇ ਤੂਫ਼ਾਨ ਭੇਜਿਆ, ਅਤੇ ਟਿੱਡੀ ਦਲ, ਸੁਸਰੀਆਂ, ਡੱਡੂ ਅਤੇ ਖ਼ੂਨ ਦੇ ਅਜ਼ਾਬ ਭੇਜੇ। ਇਹ ਸਾਰੀਆਂ ਨਿਸ਼ਾਨੀਆਂ ਅੱਡ-ਅੱਡ ਕਰਕੇ ਵਿਖਾਈਆਂ, ਫੇਰ ਵੀ ਉਹ ਘਮੰਡ ਕਰਦੇ ਰਹੇ। ਉਹ ਲੋਕ ਅਪਰਾਧੀ ਹੀ ਸਨ

وَلَمَّا وَقَعَ عَلَيْهِمُ الرِّجْزُ قَالُوا يَا مُوسَى
ادْعُ لَنَا رَبَّكَ بِمَا عَهِدَ عِندَكَ ۖ لَئِن
كَشَفْتَ عَنَّا الرِّجْزَ لَنُؤْمِنَنَّ لَكَ وَلَنُرْسِلَنَّ
مَعَكَ بَنِي إِسْرَائِيلَ ﴿١٣٤﴾

134. ਜਦੋਂ ਉਹਨਾਂ 'ਤੇ ਕੋਈ ਅਜ਼ਾਬ ਆ ਜਾਂਦਾ ਤਾਂ ਆਖਦੇ ਕਿ ਹੇ ਮੂਸਾ! ਤੁਸੀਂ ਸਾਡੇ ਲਈ ਆਪਣੇ ਰੱਬ ਤੋਂ ਦੁਆ ਕਰੋ ਜਿਸ (ਦੀ ਕਬੂਲੀ) ਦਾ ਉਸ ਨੇ ਤੁਹਾਡੇ ਨਾਲ ਵਾਅਦਾ ਕੀਤਾ ਹੋਇਆ ਹੈ। ਜੇ ਤੁਸੀਂ ਸਾਥੋਂ ਇਸ ਅਜ਼ਾਬ ਨੂੰ ਹਟਾ ਦਿਓ ਤਾਂ ਅਸੀਂ ਜ਼ਰੂਰ ਹੀ ਤੁਹਾਡੇ ਉੱਤੇ ਈਮਾਨ ਲਿਆਵਾਂਗੇ ਅਤੇ ਬਨੀ-ਇਸਰਾਈਲ ਨੂੰ ਤੁਹਾਡੇ ਨਾਲ ਭੇਜ ਦੇਵਾਂਗੇ।

135. ਫੇਰ ਜਦੋਂ ਅਸੀਂ ਉਹਨਾਂ ਤਕ ਪਹੁੰਚਣ ਵਾਲਾ ਅਜ਼ਾਬ ਇਕ ਨਿਯਤ ਸਮੇਂ ਲਈ ਹਟਾ ਦਿੰਦੇ ਤਾਂ ਉਹ ਉਸੇ ਸਮੇਂ ਆਪਣੇ ਵਚਨਾਂ ਤੋਂ ਫਿਰ ਜਾਂਦੇ।

فَلَمَّا كَشَفْنَا عَنْهُمُ الرِّجْزَ إِلَىٰ أَجَلٍ هُمْ
بَالِغُوهُ إِذَا هُمْ يَنْكُثُونَ ﴿١٣٥﴾

136. ਫੇਰ ਅਸੀਂ ਉਹਨਾਂ ਤੋਂ ਬਦਲਾ ਲਿਆ ਭਾਵ ਉਹਨਾਂ ਨੂੰ ਦਰਿਆ ਵਿਚ ਡੋਬ ਦਿੱਤਾ ਉਹ ਇਸ ਲਈ ਕਿ ਉਹ ਸਾਡੀਆਂ ਨਿਸ਼ਾਨੀਆਂ ਨੂੰ ਝੁਠਲਾਉਂਦੇ ਸੀ ਅਤੇ ਉਹਨਾਂ ਦੀ ਉੱਕਾ ਹੀ ਪਰਵਾਹ ਨਹੀਂ ਸੀ ਕਰਦੇ।

فَانْتَقَمْنَا مِنْهُمْ فَأَغْرَقْنَاهُمْ فِي الْيَمِّ بِأَنَّهُمْ
كَذَّبُوا بِآيَاتِنَا وَكَانُوا عَنْهَا غَافِلِينَ ﴿١٣٦﴾

137. ਅਸੀਂ ਉਹਨਾਂ ਲੋਕਾਂ ਨੂੰ ਜਿਹੜੇ ਕਮਜ਼ੋਰ ਸਮਝੇ ਜਾਂਦੇ ਸਨ, ਇਸ ਧਰਤੀ ਦੇ ਪੂਰਬ ਪੱਛਮ ਤਕ ਦਾ ਵਾਰਸ ਬਣਾ ਦਿੱਤਾ ਜਿਸ ਵਿਚ ਅਸੀਂ ਬਰਕਤਾਂ ਰੱਖੀਆਂ ਸਨ ਅਤੇ ਤੁਹਾਡੇ ਰੱਬ ਦਾ ਸੱਚਾ ਵਾਅਦਾ ਬਨੀ-ਇਸਰਾਈਲ ਦੇ ਹੱਕ ਵਿਚ ਉਹਨਾਂ ਦੇ ਧੀਰਜ ਤੋਂ ਕੰਮ ਲੈਣ ਕਾਰਨ ਪੂਰਾ ਹੋਇਆ। ਅਸਾਂ ਫ਼ਿਰਔਨ ਅਤੇ ਉਸ ਦੀ ਕੌਮ ਵੱਲੋਂ ਬਣਾਈਆਂ ਹੋਈਆਂ ਚੀਜ਼ਾਂ (ਭਾਵ ਕਾਰਖ਼ਾਨੇ ਆਦਿ) ਅਤੇ ਜਿਹੜੀਆਂ ਉਹ ਉੱਚੀਆਂ ਉੱਚੀਆਂ (ਮਹਿਲਾਂ ਦੀਆਂ) ਇਮਾਰਤਾਂ ਉਸਾਰਦੇ ਸੀ ਉਹਨਾਂ ਸਭ ਨੂੰ ਮਲੀਆ ਮੇਟ ਕਰ ਦਿੱਤਾ।

وَأَوْرَثْنَا الْقَوْمَ الَّذِينَ كَانُوا يُسْتَضْعَفُونَ
مَشَارِقَ الْأَرْضِ وَمَغَارِبَهَا الَّتِي بَارَكْنَا فِيهَا ۖ
وَتَمَّتْ كَلِمَتُ رَبِّكَ الْحُسْنَىٰ عَلَىٰ بَنِي إِسْرَائِيلَ
بِمَا صَبَرُوا ۖ وَدَمَّرْنَا مَا كَانَ يَصْنَعُ فِرْعَوْنُ
وَقَوْمُهُ وَمَا كَانُوا يَعْرِشُونَ ﴿١٣٧﴾

138. ਜਦੋਂ ਅਸੀਂ ਨਬੀ ਇਸਰਾਈਲ ਨੂੰ ਸਮੁੰਦਰੋਂ ਪਾਰ ਲੰਘਾ ਦਿੱਤਾ ਤਾਂ ਉਹ ਅਜਿਹੀ ਕੌਮ ਦੇ ਕੋਲੋਂ ਦੀ ਹੋ ਕੇ ਲੰਘੇ ਜਿਹੜੀ ਆਪਣੇ ਬੁੱਤਾਂ ਦੀ ਪੂਜਾ ਕਰ ਰਹੇ ਸੀ। ਉਹ ਆਖਣ ਲੱਗੇ ਕਿ ਹੇ ਮੂਸਾ! ਸਾਡੇ ਲਈ ਵੀ ਇਕ ਅਜਿਹਾ ਇਸ਼ਟ ਬਣਾ ਦਿਓ ਜਿਵੇਂ ਇਹਨਾਂ ਦੇ ਇਸ਼ਟ ਹਨ। ਉਸ (ਮੂਸਾ) ਨੇ ਕਿਹਾ ਕਿ ਤੁਸੀਂ ਲੋਕ ਤਾਂ ਨਿਰੇ ਜਾਹਲ ਹੋ।

وَجَاوَزْنَا بِبَنِي إِسْرَائِيلَ الْبَحْرَ فَأَتَوْا عَلَىٰ
قَوْمٍ يَعْكُفُونَ عَلَىٰ أَصْنَامٍ لَهُمْ ۚ قَالُوا يَا مُوسَى
اجْعَلْ لَنَا إِلَٰهًا كَمَا لَهُمْ آلِهَةٌ ۚ قَالَ إِنَّكُمْ
قَوْمٌ تَجْهَلُونَ ﴿١٣٨﴾

139. ਇਹ ਲੋਕੀ ਜਿਹੜੇ ਕੰਮ ਵਿਚ ਰੁਝੇ ਹੋਏ ਹਨ ਇਹ ਸਭ ਤਾਂ ਨਸ਼ਟ ਹੋਣ ਵਾਲਾ ਹੈ ਅਤੇ ਜੋ ਕੁੱਝ ਇਹ ਕਰ ਰਹੇ ਹਨ ਉਹ ਉੱਕਾ ਹੀ ਗ਼ਲਤ ਹੈ।

إِنَّ هَٰؤُلَاءِ مُتَبَّرٌ مَا هُمْ فِيهِ وَبَاطِلٌ
مَا كَانُوا يَعْمَلُونَ ﴿١٣٩﴾

140. ਮੂਸਾ ਨੇ ਆਖਿਆ! ਕੀ ਮੈਂ ਅੱਲਾਹ ਨੂੰ ਛੱਡ ਕੇ ਤੁਹਾਡੇ ਲਈ ਕਿਸੇ ਹੋਰ ਇਸ਼ਟ ਦੀ ਭਾਲ ਕਰਾਂ? ਜਦੋਂ ਕਿ ਉਸ ਨੇ ਤੁਹਾਨੂੰ ਸਾਰੇ ਜਹਾਨਾਂ ਵਾਲਿਆਂ ਉੱਤੇ ਵਡਿਆਈ ਬਖ਼ਸ਼ੀ ਹੈ।

قَالَ أَغَيْرَ اللَّهِ أَبْغِيكُمْ إِلَٰهًا وَهُوَ فَضَّلَكُمْ
عَلَى الْعَالَمِينَ ﴿١٤٠﴾

141. (ਹੇ ਬਨੀ ਇਸਰਾਈਲ!) ਉਹ ਵੇਲਾ ਵੀ ਯਾਦ ਕਰੋ ਜਦੋਂ ਅਸੀਂ ਤੁਹਾਨੂੰ ਫ਼ਿਰਔਨੀਆਂ ਤੋਂ ਛੁਟਕਾਰਾ ਦੁਆਇਆ ਸੀ। ਉਹ ਤੁਹਾਨੂੰ ਕਰੜੇ ਅਜ਼ਾਬ ਦਿੰਦੇ ਸੀ, ਤੁਹਾਡੇ ਪੁੱਤਰਾਂ ਨੂੰ ਕਤਲ ਕਰ ਸੁੱਟਦੇ ਸੀ ਅਤੇ ਤੁਹਾਡੀਆਂ ਇਸਤਰੀਆਂ (ਧੀਆਂ) ਨੂੰ ਜਿਉਂਦੀਆਂ ਰਹਿਣ ਦਿੰਦੇ ਸੀ, ਇਸ ਵਿਚ ਤੁਹਾਡੇ ਪਾਲਣਹਾਰ ਵੱਲੋਂ ਵੱਡੀ ਭਾਰੀ ਅਜ਼ਮਾਇਸ਼ ਸੀ।

وَإِذْ أَنْجَيْنَاكُمْ مِنْ آلِ فِرْعَوْنَ يَسُومُونَكُمْ
سُوءَ الْعَذَابِ ۖ يُقَتِّلُونَ أَبْنَاءَكُمْ وَيَسْتَحْيُونَ
نِسَاءَكُمْ ۚ وَفِي ذَٰلِكُمْ بَلَاءٌ مِنْ رَبِّكُمْ عَظِيمٌ ﴿١٤١﴾

142. ਅਸੀਂ ਮੂਸਾ ਤੋਂ ਤੂਰ ਪਹਾੜ 'ਤੇ ਤੀਹ ਰਾਤਾਂ ਬਿਤਾਉਣ ਦਾ ਵਚਨ ਲਿਆ ਅਤੇ ਮਗਰੋਂ ਦਸ ਦਿਨ ਹੋਰ ਵਧਾ ਦਿੱਤੇ! ਸੋ ਉਹਨਾਂ ਦੇ ਪਾਲਣਹਾਰ ਦਾ (ਕੋਹੇ-ਤੂਰ 'ਤੇ ਮੂਸਾ ਨੂੰ) ਮਿਲਣ ਦਾ ਸਮਾਂ ਪੂਰੇ ਚਾਲੀ ਰਾਤਾਂ ਦਾ ਹੋ ਗਿਆ। (ਜਾਣ ਤੋਂ ਪਹਿਲਾਂ) ਮੂਸਾ ਨੇ ਆਪਣੇ ਭਰਾ ਹਾਰੂਨ ਨੂੰ ਕਿਹਾ ਕਿ ਤੂੰ ਮੇਰੇ ਮਗਰੋਂ ਮੇਰੀ ਕੌਮ ਦੀ ਜਾਨਸ਼ੀਨੀ ਕਰੀਂ ਅਤੇ ਇਹਨਾਂ ਦਾ ਸੁਧਾਰ ਕਰਦਾ ਰਹੀਂ ਅਤੇ ਵਿਗਾੜੇ ਹੋਏ ਲੋਕਾਂ ਦੇ ਰਸਤੇ ਨਾ ਤੁਰੀਂ।

وَوَاعَدْنَا مُوسَىٰ ثَلَاثِينَ لَيْلَةً وَأَتْمَمْنَاهَا بِعَشْرٍ
فَتَمَّ مِيقَاتُ رَبِّهِ أَرْبَعِينَ لَيْلَةً ۚ وَقَالَ مُوسَىٰ
لِأَخِيهِ هَارُونَ اخْلُفْنِي فِي قَوْمِي وَأَصْلِحْ
وَلَا تَتَّبِعْ سَبِيلَ الْمُفْسِدِينَ ﴿١٤٢﴾

143. ਜਦੋਂ ਮੂਸਾ ਸਾਡੇ (ਅੱਲਾਹ ਦੇ) ਨਿਸ਼ਚਿਤ ਕੀਤੇ ਹੋਏ ਸਮੇਂ (ਤੂਰ ਪਹਾੜ) 'ਤੇ ਪਹੁੰਚਿਆ, ਅਤੇ ਰੱਬ ਨੇ ਉਹ ਦੇ ਨਾਲ ਵਾਰਤਾਲਾਪ ਕੀਤੀ ਤਾਂ ਉਹ (ਮੂਸਾ) ਨੇ ਬੇਨਤੀ ਕੀਤੀ ਕਿ ਹੇ ਮੇਰੇ ਪਾਲਣਹਾਰ! ਮੈਨੂੰ (ਇਕ ਝਲਕ) ਵਿਖਾ ਕਿ ਮੈਂ ਤੇਰੇ ਦਰਸ਼ਨ ਕਰ ਸਕਾਂ। ਫ਼ਰਮਾਇਆ ਕਿ ਤੂੰ ਮੈਨੂੰ ਨਹੀਂ ਵੇਖ ਸਕਦਾ। ਤੂੰ ਉਸ ਪਹਾੜ ਵੱਲ ਵੇਖ ਜੇ ਉਹ ਆਪਣੀ ਥਾਂ 'ਤੇ ਰਹਿੰਦਾ ਹੈ ਤਾਂ ਤੂੰ ਵੀ ਮੈਨੂੰ ਵੇਖ ਸਕੇਂਗਾ। ਸੋ ਜਦੋਂ ਉਹ ਦੇ ਰੱਬ ਨੇ ਪਹਾੜ 'ਤੇ

وَلَمَّا جَاءَ مُوسَىٰ لِمِيقَاتِنَا وَكَلَّمَهُ رَبُّهُ ۙ قَالَ
رَبِّ أَرِنِي أَنْظُرْ إِلَيْكَ ۚ قَالَ لَنْ تَرَانِي وَلَٰكِنِ
انْظُرْ إِلَى الْجَبَلِ فَإِنِ اسْتَقَرَّ مَكَانَهُ فَسَوْفَ
تَرَانِي ۚ فَلَمَّا تَجَلَّىٰ رَبُّهُ لِلْجَبَلِ جَعَلَهُ دَكًّا
وَخَرَّ مُوسَىٰ صَعِقًا ۚ فَلَمَّا أَفَاقَ قَالَ سُبْحَانَكَ
تُبْتُ إِلَيْكَ وَأَنَا أَوَّلُ الْمُؤْمِنِينَ ﴿١٤٣﴾

ਆਪਣਾ ਪ੍ਰਕਾਸ਼ਨ ਕੀਤਾ (ਭਾਵ ਜਲਵਾ ਵਿਖਾਇਆ) ਤਾਂ ਉਸ (ਪਹਾੜ) ਨੂੰ ਚੂਰ ਚੂਰ ਕਰ ਦਿੱਤਾ ਅਤੇ ਮੂਸਾ ਬੇਹੋਸ਼ ਹੋ ਕੇ ਡਿਗ ਪਿਆ। ਜਦੋਂ ਹੋਸ਼ ਆਇਆ ਤਾਂ ਬੇਨਤੀ ਕੀਤੀ ਕਿ ਬੇਸ਼ੱਕ (ਹੇ ਅੱਲਾਹ!) ਤੂੰ ਪਾਕ ਹੈ, ਮੈਂ ਤੇਰੇ ਹਜ਼ੂਰ ਤੌਬਾ ਕਰਦਾ ਹਾਂ ਅਤੇ ਮੈਂ ਸਾਰਿਆਂ ਤੋਂ ਪਹਿਲਾਂ ਈਮਾਨ ਲਿਆਉਣ ਵਾਲਾ ਹਾਂ।

144. ਫ਼ਰਮਾਇਆ ਕਿ ਹੇ ਮੂਸਾ! ਮੈਂਨੇ ਸਾਰੇ ਲੋਕਾਂ ਵਿੱਚੋਂ ਪੈਗ਼ੰਬਰੀ ਕਰਨ ਲਈ ਅਤੇ ਵਾਰਤਾਲਾਪ ਲਈ ਤੈਨੂੰ ਚੁਣਿਆ ਹੈ। ਸੋ ਜੋ (ਪੈਗ਼ੰਬਰੀ) ਮੈਂ ਤੈਨੂੰ ਦਿੰਦਾ ਹਾਂ, ਉਸ ਨੂੰ ਲੈ ਅਤੇ ਮੇਰਾ ਸ਼ੁਕਰ ਅਦਾ ਕਰ।

قَالَ يَٰمُوسَىٰٓ إِنِّى ٱصْطَفَيْتُكَ عَلَى ٱلنَّاسِ بِرِسَٰلَٰتِى وَبِكَلَٰمِى فَخُذْ مَآ ءَاتَيْتُكَ وَكُن مِّنَ ٱلشَّٰكِرِينَ ١٤٤

145. ਅਸੀਂ ਮੂਸਾ ਨੂੰ ਜੀਵਨ ਦੇ ਹਰੇਕ ਖੇਤਰ ਬਾਰੇ ਨਸੀਹਤਾਂ ਅਤੇ ਹਰ ਚੀਜ਼ ਦੀ ਵਿਆਖਿਆ ਤਖ਼ਤੀਆਂ 'ਤੇ ਲਿਖ ਦਿੱਤੀਆਂ ਅਤੇ ਕਿਹਾ ਕਿ ਇਹਨਾਂ (ਹਿਦਾਇਤਾਂ) ਨੂੰ ਚੰਗੀ ਤਰ੍ਹਾਂ ਸਾਂਭ ਅਤੇ ਆਪਣੀ ਕੌਮ ਨੂੰ ਹੁਕਮ ਦੇ ਕਿ ਇਹਨਾਂ ਚੰਗੀਆਂ ਗੱਲਾਂ ਦੀ ਹੀ ਪਾਲਣਾ ਕਰਨ। ਮੈਂ ਬਹੁਤ ਛੇਤੀ ਹੀ ਉਹਨਾਂ ਲੋਕਾਂ ਦਾ ਟਿਕਾਣਾ ਤੈਨੂੰ ਵਿਖਾਵਾਂਗਾ ਜਿਹੜੇ ਨਾ-ਫ਼ਰਮਾਨ ਹਨ।

وَكَتَبْنَا لَهُۥ فِى ٱلْأَلْوَاحِ مِن كُلِّ شَىْءٍ مَّوْعِظَةً وَتَفْصِيلًا لِّكُلِّ شَىْءٍ فَخُذْهَا بِقُوَّةٍ وَأْمُرْ قَوْمَكَ يَأْخُذُوا۟ بِأَحْسَنِهَا ۚ سَأُو۟رِيكُمْ دَارَ ٱلْفَٰسِقِينَ ١٤٥

146. ਮੈਂ (ਛੇਤੀ ਹੀ) ਅਜਿਹੇ ਲੋਕਾਂ ਨੂੰ ਆਪਣੇ ਹੁਕਮਾਂ ਤੋਂ ਦੂਰ ਹੀ ਰੱਖਾਂਗਾ ਜਿਹੜੇ ਸੰਸਾਰ ਵਿਚ ਤਕੱਬਰ (ਵਡਿਆਈ) ਕਰਦੇ ਹਨ ਜਿਸ ਦਾ ਉਹਨਾਂ ਨੂੰ ਕੋਈ ਹੱਕ ਨਹੀਂ। ਜੇ ਉਹ ਸਾਰੀਆਂ ਨਿਸ਼ਾਨੀਆਂ ਵੀ ਵੇਖ ਲੈਣ ਤਾਂ ਵੀ ਉਹ ਈਮਾਨ

سَأَصْرِفُ عَنْ ءَايَٰتِىَ ٱلَّذِينَ يَتَكَبَّرُونَ فِى ٱلْأَرْضِ بِغَيْرِ ٱلْحَقِّ وَإِن يَرَوْا۟ كُلَّ ءَايَةٍ لَّا يُؤْمِنُوا۟ بِهَا وَإِن يَرَوْا۟ سَبِيلَ ٱلرُّشْدِ لَا يَتَّخِذُوهُ سَبِيلًا وَإِن يَرَوْا۟ سَبِيلَ ٱلْغَىِّ يَتَّخِذُوهُ سَبِيلًا ۚ ذَٰلِكَ بِأَنَّهُمْ كَذَّبُوا۟ بِـَٔايَٰتِنَا وَكَانُوا۟ عَنْهَا غَٰفِلِينَ ١٤٦

[1] ਤਿਰਮਿਜ਼ੀ ਦੇ ਫ਼ੈਸਲੇ ਅਨੁਸਾਰ ਪਹਾੜ 'ਤੇ ਅੱਲਾਹ ਦਾ ਪ੍ਰਗਟਾਵਾ ਬਹੁਤ ਹੀ ਥੋੜਾ ਜਿਹਾ ਹੋਇਆ ਸੀ ਨਬੀ (ਸ:) ਨੇ ਇਸੇ ਆਇਤ ਨੂੰ ਪੜ੍ਹਿਆ ਅਤੇ ਫ਼ਰਮਾਇਆ ਪਹਾੜ 'ਤੇ ਅੱਲਾਹ ਨੇ ਮਨੁੱਖ ਦੀ ਛੋਟੀ ਉਂਗਲੀ ਦੇ ਬਰਾਬਰ ਪ੍ਰਗਟਾਵਾ ਕੀਤਾ ਸੀ (ਤਿਰਮਿਜ਼ੀ 72/8 ਅਤੇ ਮੁਸਨਦ ਅਹਿਮਦ 209/3)

ਨਹੀਂ ਲਿਆਉਣਗੇ। ਜੇ ਕੋਈ ਹਿਦਾਇਤ ਵਾਲੀ ਰਾਹ ਵੇਖ ਲੈਣ ਤਾਂ ਉਸ ਰਾਹ ਨੂੰ ਨਹੀਂ ਅਪਣਾਉਂਦੇ, ਹਾਂ! ਜੇ ਗੁਮਰਾਹੀ ਵਾਲਾ ਰਾਹ ਵੇਖ ਲੈਣ ਤਾਂ ਉਸ ਰਾਹ ਨੂੰ ਅਪਣਾਉਂਦੇ ਹਨ। ਇਹ ਸਭ ਇਸ ਲਈ ਹੈ ਕਿਉਂ ਜੋ ਉਹਨਾਂ ਨੇ ਸਾਡੀਆਂ ਆਇਤਾਂ (ਆਦੇਸ਼ਾਂ) ਨੂੰ ਝੁਠਲਾਇਆ ਅਤੇ ਇਹਨਾਂ ਤੋਂ ਬੇਸੁਰਤ ਰਹੇ।

وَالَّذِينَ كَذَّبُوا بِآيَاتِنَا وَلِقَاءِ الْآخِرَةِ حَبِطَتْ أَعْمَالُهُمْ ۚ هَلْ يُجْزَوْنَ إِلَّا مَا كَانُوا يَعْمَلُونَ (147)

147 ਉਹ ਲੋਕੀ ਜਿਨ੍ਹਾਂ ਨੇ ਸਾਡੀਆਂ ਆਇਤਾਂ ਨੂੰ ਅਤੇ ਕਿਆਮਤ ਦੇ ਆਉਣ ਨੂੰ ਵੀ ਝੁਠਲਾਇਆ, ਉਹਨਾਂ ਦੇ ਸਾਰੇ ਹੀ ਕੰਮ ਵਿਅਰਥ ਹੋ ਗਏ, ਉਹਨਾਂ ਨੂੰ ਉਹੀਓ ਬਦਲਾ ਦਿੱਤਾ ਜਾਵੇਗਾ ਜੋ ਉਹ (ਸੰਸਾਰ ਵਿਚ) ਕਰਦੇ ਸਨ।

وَاتَّخَذَ قَوْمُ مُوسَىٰ مِن بَعْدِهِ مِنْ حُلِيِّهِمْ عِجْلًا جَسَدًا لَّهُ خُوَارٌ ۚ أَلَمْ يَرَوْا أَنَّهُ لَا يُكَلِّمُهُمْ وَلَا يَهْدِيهِمْ سَبِيلًا ۘ اتَّخَذُوهُ وَكَانُوا ظَالِمِينَ (148)

148. ਮੂਸਾ ਦੀ ਕੌਮ ਨੇ ਉਹ ਦੇ (ਕੋਹੇ-ਤੂਰ 'ਤੇ) ਜਾਣ ਮਗਰੋਂ ਆਪਣੇ ਗਹਿਣਿਆਂ ਦਾ ਇਕ ਵੱਛਾ ਬਣਾ ਲਿਆ ਜਿਹੜਾ ਇਕ ਧੜ ਸੀ, ਜਿਸ ਵਿੱਚੋਂ ਗਊ ਦੀ ਅਵਾਜ਼ ਨਿਕਲਦੀ ਸੀ। ਕੀ ਉਹਨਾਂ ਨੇ ਇਹ ਨਹੀਂ ਵੇਖਿਆ ਕਿ ਨਾ ਤਾਂ ਉਹ (ਵੱਛਾ) ਉਹਨਾਂ ਨਾਲ ਕੋਈ ਗੱਲ ਹੀ ਕਰਦਾ ਹੈ ਨਾ ਹੀ ਉਹਨਾਂ ਨੂੰ ਕੋਈ ਰਾਹ ਦਰਸਾਉਂਦਾ ਹੈ? ਫੇਰ ਵੀ ਉਹਨਾਂ ਨੇ ਉਸ ਨੂੰ ਇਸ਼ਟ ਬਣਾ ਲਿਆ ਹੈ ਅਤੇ ਉਹ ਬਹੁਤ ਜ਼ਾਲਮ ਸਨ।

وَلَمَّا سُقِطَ فِي أَيْدِيهِمْ وَرَأَوْا أَنَّهُمْ قَدْ ضَلُّوا قَالُوا لَئِن لَّمْ يَرْحَمْنَا رَبُّنَا وَيَغْفِرْ لَنَا لَنَكُونَنَّ مِنَ الْخَاسِرِينَ (149)

149 ਜਦੋਂ ਉਹ ਆਪਣੇ ਕੀਤੇ ਉੱਤੇ ਪਛਤਾਏ ਅਤੇ ਪਤਾ ਚੱਲਿਆ ਕਿ ਹਕੀਕਤਨ ਉਹ ਲੋਕ ਕੁਰਾਹੇ ਪਏ ਗਏ ਸੀ ਤਾਂ ਆਖਣ ਲੱਗੇ ਕਿ ਹੇ ਸਾਡੇ ਰੱਬ! ਜੇ ਸਾਡੇ 'ਤੇ ਰਹਿਮ ਨਾ ਕੀਤਾ ਅਤੇ ਸਾਡੀਆਂ ਗ਼ਲਤੀਆਂ ਨੂੰ ਮੁਆਫ਼ ਨਾ ਕੀਤਾ ਤਾਂ ਅਸੀਂ ਬਰਬਾਦ ਹੋ ਜਾਵਾਂਗੇ।

150. ਜਦੋਂ ਮੂਸਾ (ਕੋਹੇ ਤੂਰ ਤੋਂ) ਵਾਪਸ ਆਪਣੀ ਕੌਮ ਵੱਲ ਆਇਆ ਤਾਂ ਗੁੱਸੇ ਤੇ ਦੁਖ ਭਰੀ ਹਾਲਤ ਵਿਚ (ਹਾਰੂਨ ਨੂੰ) ਕਿਹਾ ਕਿ ਤੂੰ ਮੇਰੇ ਮਗਰੋਂ ਬਹੁਤ ਹੀ ਭੈੜੀ ਜਾਨਸ਼ੀਨੀ ਕੀਤੀ ਹੈ। ਤੂੰ ਆਪਣੇ ਰੱਬ ਦੇ ਹੁਕਮ ਤੋਂ ਪਹਿਲਾਂ ਹੀ ਮੂੰਹ ਮੋੜਨ ਵਿਚ ਛੇਤੀ ਕੀਤੀ ਅਤੇ (ਹਿਦਾਇਤ ਵਾਲੀਆਂ) ਤਖ਼ਤੀਆਂ ਇਕ ਪਾਸੇ ਸੁੱਟ ਦਿੱਤੀਆਂ। ਜਦੋਂ (ਮੂਸਾ) ਆਪਣੇ ਭਰਾ (ਹਾਰੂਨ) ਦਾ ਸਿਰ ਫੜ ਕੇ ਆਪਣੇ ਵੱਲ ਘਸੀਟਣ ਲੱਗਿਆ ਤਾਂ ਹਾਰੂਨ ਨੇ ਕਿਹਾ ਕਿ ਹੇ ਮੇਰੇ ਮਾਂ ਜਾਏ ਭਰਾ। ਇਹਨਾਂ ਲੋਕਾਂ ਨੇ ਮੈਨੂੰ ਕਮਜ਼ੋਰ ਸਮਝਿਆ, ਨੇੜੇ ਸੀ ਕਿ ਉਹ ਮੈਨੂੰ ਕਤਲ ਹੀ ਕਰ ਦਿੰਦੇ, ਸੋ ਤੂੰ ਦੁਸ਼ਮਨਾਂ ਨੂੰ ਮੇਰੇ 'ਤੇ ਨਾ ਹਸਾ ਅਤੇ ਮੈਨੂੰ ਇਹਨਾਂ ਜ਼ਾਲਮਾਂ ਵਿਚ ਸ਼ਾਮਲ ਨਾ ਕਰ।

وَلَمَّا رَجَعَ مُوسَىٰ إِلَىٰ قَوْمِهِ غَضْبَانَ أَسِفًا قَالَ بِئْسَمَا خَلَفْتُمُونِي مِن بَعْدِي ۖ أَعَجِلْتُمْ أَمْرَ رَبِّكُمْ ۖ وَأَلْقَى الْأَلْوَاحَ وَأَخَذَ بِرَأْسِ أَخِيهِ يَجُرُّهُ إِلَيْهِ ۚ قَالَ ابْنَ أُمَّ إِنَّ الْقَوْمَ اسْتَضْعَفُونِي وَكَادُوا يَقْتُلُونَنِي فَلَا تُشْمِتْ بِيَ الْأَعْدَاءَ وَلَا تَجْعَلْنِي مَعَ الْقَوْمِ الظَّالِمِينَ (150)

151. ਮੂਸਾ ਨੇ ਕਿਹਾ ਕਿ ਹੇ ਮੇਰੇ ਰੱਬ! ਮੇਰੀਆਂ ਤੇ ਮੇਰੇ ਭਰਾ (ਹਾਰੂਨ) ਦੀਆਂ ਗ਼ਲਤੀਆਂ ਨੂੰ ਮੁਆਫ਼ ਕਰ ਅਤੇ ਸਾਨੂੰ ਆਪਣੀਆਂ ਮਿਹਰਾਂ ਬਖ਼ਸ਼ ਦੇ, ਤੂੰ ਸਾਰੇ ਹੀ ਰਹਿਮ ਕਰਨ ਵਾਲਿਆਂ ਤੋਂ ਵੱਧ ਰਹਿਮ ਕਰਨ ਵਾਲਾ ਹੈ।

قَالَ رَبِّ اغْفِرْ لِي وَلِأَخِي وَأَدْخِلْنَا فِي رَحْمَتِكَ ۖ وَأَنتَ أَرْحَمُ الرَّاحِمِينَ (151)

152. ਬੇਸ਼ੱਕ ਜਿਨ੍ਹਾਂ ਨੇ ਗਊ ਦੀ ਪੂਜਾ ਕੀਤੀ ਉਹਨਾਂ ਉੱਤੇ ਛੇਤੀ ਹੀ ਉਹਨਾਂ ਦੇ ਰੱਬ ਵੱਲੋਂ ਕਹਿਰ ਆਵੇਗਾ ਅਤੇ ਉਹ ਇਸ ਸੰਸਾਰ ਵਿਚ ਵੀ ਹੀਣੇ ਹੋਣਗੇ। ਅਸੀਂ ਝੂਠ ਘੜਨ ਵਾਲਿਆਂ ਨੂੰ ਅਜਿਹੀ ਹੀ ਸਜ਼ਾ ਦਿਆ ਕਰਦੇ ਹਾਂ।

إِنَّ الَّذِينَ اتَّخَذُوا الْعِجْلَ سَيَنَالُهُمْ غَضَبٌ مِّن رَّبِّهِمْ وَذِلَّةٌ فِي الْحَيَاةِ الدُّنْيَا ۚ وَكَذَٰلِكَ نَجْزِي الْمُفْتَرِينَ (152)

153. ਜਿਨ੍ਹਾਂ ਲੋਕਾਂ ਨੇ ਗੁਨਾਹ ਕੀਤੇ ਅਤੇ ਫੇਰ ਉਸ ਤੋਂ ਬਾਅਦ ਤੌਬਾ ਕੀਤੀ ਅਤੇ ਈਮਾਨ ਵੀ ਲਿਆਏ ਤਾਂ ਤੁਹਾਡਾ ਰੱਬ ਇਸ ਤੌਬਾ ਤੋਂ ਬਾਅਦ ਸਾਰੇ ਗੁਨਾਹ ਮੁਆਫ਼ ਕਰ ਦੇਣ ਵਾਲਾ ਹੈ ਅਤੇ ਮਿਹਰਾਂ ਕਰਨ ਵਾਲਾ ਹੈ।

وَالَّذِينَ عَمِلُوا السَّيِّئَاتِ ثُمَّ تَابُوا مِن بَعْدِهَا وَآمَنُوا إِنَّ رَبَّكَ مِن بَعْدِهَا لَغَفُورٌ رَّحِيمٌ (153)

154. ਜਦੋਂ ਮੂਸਾ ਦਾ ਰੋਹ ਢਲਿਆ ਤਾਂ ਉਹਨਾਂ ਨੇ ਉਹਨਾਂ ਤਖ਼ਤੀਆਂ ਨੂੰ ਚੁੱਕਿਆ ਜਿਨ੍ਹਾਂ ਵਿਚ ਉਹਨਾਂ ਲੋਕਾਂ ਲਈ ਹਿਦਾਇਤਾਂ ਤੇ ਮਿਹਰਾਂ ਸੀ ਜਿਹੜੇ ਆਪਣੇ ਰੱਬ ਤੋਂ ਡਰਦੇ ਸੀ।

وَلَمَّا سَكَتَ عَن مُّوسَى الْغَضَبُ أَخَذَ الْأَلْوَاحَ ۖ
وَفِي نُسْخَتِهَا هُدًى وَرَحْمَةٌ لِّلَّذِينَ هُمْ لِرَبِّهِمْ
يَرْهَبُونَ 154

155. ਮੂਸਾ ਨੇ ਸੱਤਰ ਆਦਮੀ ਆਪਣੀ ਕੌਮ ਵਿੱਚੋਂ ਚੁਣੇ ਤਾਂ ਜੋ ਸਾਡੇ ਵੱਲੋਂ ਨਿਸ਼ਚਿਤ ਸਮੇਂ (ਕੋਹ-ਤੂਰ) 'ਤੇ ਪਹੁੰਚਣ। ਜਦੋਂ ਉਹਨਾਂ ਨੂੰ ਭੂਚਾਲ ਨੇ ਆ ਨੱਪਿਆ ਤਾਂ ਮੂਸਾ ਆਖਣ ਲੱਗਿਆ ਕਿ ਹੇ ਮੇਰੇ ਮਾਲਿਕ! ਜੇ ਤੂੰ ਇਹੋ ਕਰਨਾ ਸੀ ਤਾਂ ਇਸ ਤੋਂ ਪਹਿਲਾਂ ਹੀ ਇਹਨਾਂ ਨੂੰ ਅਤੇ ਮੈਨੂੰ ਹਲਾਕ ਕਰ ਦਿੰਦਾ। ਕੀ ਤੂੰ ਸਾਡੇ ਵਿੱਚੋਂ ਕੁੱਝ ਮੂਰਖਾਂ ਦੀਆਂ ਹਰਕਤਾਂ ਕਾਰਨ ਸਾਰਿਆਂ ਨੂੰ ਹੀ ਹਲਾਕ ਕਰ ਦੇਵੇਂਗਾ? ਇਹ ਤਾਂ ਤੇਰੇ ਵੱਲੋਂ ਇਕ ਪ੍ਰੀਖਿਆ ਸੀ। ਅਜਿਹੀਆਂ ਅਜ਼ਮਾਇਸ਼ਾਂ ਦੁਆਰਾ ਤੂੰ ਜਿਸ ਨੂੰ ਵੀ ਚਾਹੇਂ ਗੁਮਰਾਹੀ ਵਿਚ ਪਾ ਦੇਵੇਂ ਅਤੇ ਜਿਸ ਨੂੰ ਚਾਹੇਂ ਹਿਦਾਇਤ 'ਤੇ ਕਾਇਮ ਰੱਖੇਂ। ਤੂੰ ਹੀ ਤਾਂ ਸਾਡੇ ਕੰਮ ਸਵਾਰਨ ਵਾਲਾ ਹੈਂ। ਸੋ ਤੂੰ ਸਾਡੇ 'ਤੇ ਬਖ਼ਸ਼ਿਸ਼ਾਂ ਅਤੇ ਰਹਿਮਤਾਂ ਫ਼ਰਮਾ ਅਤੇ ਤੂੰ ਸਾਰਿਆਂ ਤੋਂ ਵੱਧ ਮੁਆਫ਼ੀਆਂ ਦੇਣ ਵਾਲਾ ਹੈਂ।

وَاخْتَارَ مُوسَىٰ قَوْمَهُ سَبْعِينَ رَجُلًا لِّمِيقَاتِنَا ۖ
فَلَمَّا أَخَذَتْهُمُ الرَّجْفَةُ قَالَ رَبِّ لَوْ شِئْتَ
أَهْلَكْتَهُم مِّن قَبْلُ وَإِيَّايَ ۖ أَتُهْلِكُنَا بِمَا فَعَلَ
السُّفَهَاءُ مِنَّا ۖ إِنْ هِيَ إِلَّا فِتْنَتُكَ تُضِلُّ بِهَا
مَن تَشَاءُ وَتَهْدِي مَن تَشَاءُ ۖ أَنتَ وَلِيُّنَا
فَاغْفِرْ لَنَا وَارْحَمْنَا ۖ وَأَنتَ خَيْرُ الْغَافِرِينَ 155

156. ਅਤੇ ਤੂੰ ਸਾਡੇ ਲਈ ਇਸ ਦੁਨੀਆ ਵਿਚ ਵੀ ਭਲਾਈ ਲਿਖ ਦੇ ਅਤੇ ਆਖ਼ਿਰਤ ਦੀ ਵੀ ਭਲਾਈ ਲਿਖ ਦੇ। ਬੇਸ਼ੱਕ ਅਸੀਂ ਤੇਰੇ ਵੱਲ ਹੀ ਪਰਤਦੇ ਹਾਂ। ਅੱਲਾਹ ਨੇ ਫ਼ਰਮਾਇਆ ਕਿ ਮੈਂ ਉਸ ਨੂੰ ਆਪਣਾ ਅਜ਼ਾਬ ਦਿੰਦਾ ਹਾਂ ਜਿਸ 'ਤੇ ਚਾਹੁੰਦਾ ਹਾਂ ਅਤੇ ਮੇਰੀ ਰਹਿਮਤ ਨੇ ਹਰੇਕ ਚੀਜ਼ ਨੂੰ ਘੇਰੇ ਵਿਚ ਲਿਆ ਹੋਇਆ ਹੈ। ਮੈਂ ਛੇਤੀ ਹੀ ਇਸ ਰਹਿਮਤ ਨੂੰ ਉਹਨਾਂ ਦੇ ਨਾਂ ਜ਼ਰੂਰ ਲਿਖ ਦੇਵਾਂਗਾ ਜਿਹੜੇ ਅੱਲਾਹ ਤੋਂ ਡਰਦੇ ਹਨ, ਜ਼ਕਾਤ ਦਿੰਦੇ ਹਨ ਅਤੇ ਸਾਡੀਆਂ ਆਇਤਾਂ ਉੱਤੇ ਈਮਾਨ ਲਿਆਉਂਦੇ ਹਨ।

وَاكْتُبْ لَنَا فِي هَٰذِهِ الدُّنْيَا حَسَنَةً وَفِي الْآخِرَةِ
إِنَّا هُدْنَا إِلَيْكَ ۚ قَالَ عَذَابِي أُصِيبُ بِهِ
مَنْ أَشَاءُ ۖ وَرَحْمَتِي وَسِعَتْ كُلَّ شَيْءٍ ۚ
فَسَأَكْتُبُهَا لِلَّذِينَ يَتَّقُونَ وَيُؤْتُونَ الزَّكَاةَ
وَالَّذِينَ هُم بِآيَاتِنَا يُؤْمِنُونَ 156

157. ਜਿਹੜੇ ਲੋਕੀ ਅਜਿਹੇ ਉੱਮੀ ਪੈਗ਼ੰਬਰ (ਬੇ-ਪੜ੍ਹੇ ਲਿਖੇ ਨਬੀ) ਦੀ ਤਾਬੇਦਾਰੀ ਕਰਦੇ ਹਨ, ਜਿਸ ਦੇ ਬਾਰੇ ਉਹ ਤੌਰੈਤ ਤੇ ਇੰਜੀਲ ਵਿਚ ਲਿਖਿਆ ਹੋਇਆ ਵੇਖਦੇ ਹਾਂ,[1] ਉਹ (ਨਬੀ) ਉਹਨਾਂ ਨੂੰ ਨੇਕੀਆਂ ਦਾ ਹੁਕਮ ਦਿੰਦਾ ਹੈ ਅਤੇ ਬੁਰਾਈਆਂ ਤੋਂ ਰੋਕਦਾ ਹੈ, ਪਾਕ ਚੀਜ਼ਾਂ ਨੂੰ ਹਲਾਲ (ਜਾਇਜ਼) ਕਰਦਾ ਹੈ ਅਤੇ ਨਾ-ਪਾਕ ਚੀਜ਼ਾਂ ਨੂੰ ਹਰਾਮ ਕਰਦਾ ਹੈ ਅਤੇ ਉਹਨਾਂ ਲੋਕਾਂ ਦਾ ਭਾਰ ਉਤਾਰਦਾ ਹੈ ਜਿਹੜੇ ਉਹਨਾਂ ਉੱਤੇ ਲੱਦੇ ਹੋਏ ਸਨ। ਸੋ ਜਿਹੜੇ ਲੋਕ ਇਸ ਨਬੀ (ਮੁਹੰਮਦ ਸ:) 'ਤੇ ਈਮਾਨ ਲਿਆਏ, ਉਸ ਦਾ ਸਤਿਕਾਰ ਅਤੇ ਉਸ ਦੀ ਮਦਦ ਕਰਦੇ ਹਨ ਅਤੇ ਉਸ ਨੂਰ (ਕੁਰਆਨ) ਦੀ ਪੈਰਵੀ ਕਰਦੇ ਹਨ ਜਿਹੜਾ ਉਸ ਦੇ ਨਾਲ ਹੀ ਭੇਜਿਆ ਗਿਆ ਹੈ, ਅਜਿਹੇ ਲੋਕੀ ਹੀ ਪੂਰੀ ਤਰ੍ਹਾਂ ਕਾਮਯਾਬ ਹੁੰਦੇ ਹਨ।

الَّذِينَ يَتَّبِعُونَ الرَّسُولَ النَّبِيَّ الْأُمِّيَّ الَّذِي
يَجِدُونَهُ مَكْتُوبًا عِندَهُمْ فِي التَّوْرَاةِ
وَالْإِنجِيلِ يَأْمُرُهُم بِالْمَعْرُوفِ وَيَنْهَاهُمْ عَنِ
الْمُنكَرِ وَيُحِلُّ لَهُمُ الطَّيِّبَاتِ وَيُحَرِّمُ عَلَيْهِمُ
الْخَبَائِثَ وَيَضَعُ عَنْهُمْ إِصْرَهُمْ وَالْأَغْلَالَ الَّتِي
كَانَتْ عَلَيْهِمْ ۚ فَالَّذِينَ آمَنُوا بِهِ وَعَزَّرُوهُ
وَنَصَرُوهُ وَاتَّبَعُوا النُّورَ الَّذِي أُنزِلَ مَعَهُ ۙ
أُولَٰئِكَ هُمُ الْمُفْلِحُونَ ﴿١٥٧﴾

158. (ਹੇ ਮੁਹੰਮਦ ਸ:!) ਕਹਿ ਦਿਓ ਕਿ ਹੇ ਲੋਕੋ ਮੈਂ ਤੁਹਾਡੇ ਸਾਰਿਆਂ ਲਈ ਪੈਗ਼ੰਬਰ ਬਣਾ ਕੇ ਉਸ ਅੱਲਾਹ ਵੱਲੋਂ ਭੇਜਿਆ ਗਿਆ ਹਾਂ ਜਿਸਦੀ ਹਕੂਮਤ ਸਾਰੇ ਅਕਾਸ਼ਾਂ ਅਤੇ ਧਰਤੀ ਵਿਚ ਹੈ। ਉਸ ਤੋਂ ਛੁੱਟ ਹੋਰ ਕੋਈ ਵੀ ਇਬਾਦਤ ਦੀ ਹੱਕਦਾਰ ਨਹੀਂ ਰੱਖਦਾ ਉਹੀ ਜੀਵਨ ਦਿੰਦਾ ਹੈ ਅਤੇ ਉਹੀਓ ਮੌਤ ਦਿੰਦਾ ਹੈ। ਸੋ ਅੱਲਾਹ 'ਤੇ ਈਮਾਨ ਲਿਆਓ

قُلْ يَا أَيُّهَا النَّاسُ إِنِّي رَسُولُ اللَّهِ إِلَيْكُمْ جَمِيعًا
الَّذِي لَهُ مُلْكُ السَّمَاوَاتِ وَالْأَرْضِ ۖ لَا إِلَٰهَ
إِلَّا هُوَ يُحْيِي وَيُمِيتُ ۖ فَآمِنُوا بِاللَّهِ وَرَسُولِهِ
النَّبِيِّ الْأُمِّيِّ الَّذِي يُؤْمِنُ بِاللَّهِ وَكَلِمَاتِهِ
وَاتَّبِعُوهُ لَعَلَّكُمْ تَهْتَدُونَ ﴿١٥٨﴾

[1] ਤੌਰੈਤ ਅਤੇ ਇੰਜੀਲ ਵਿਚ ਉਹਨਾਂ ਦੇ ਅਸਲ ਸ਼ਬਦ ਖ਼ਤਮ ਕਰਨ ਤੋਂ ਬਾਅਦ ਵੀ ਮੁਹੰਮਦ (ਸ:) ਦੀ ਨਬੁੱਵਤ ਪ੍ਰਤੀ ਬਹੁਤ ਹੀ ਸਪਸ਼ਟ ਭਵਿੱਖਬਾਣੀਆਂ ਮੌਜੂਦ ਹਨ ਜਿਵੇਂ ਅਸਤਸਨਾ 18:18-21, 21:21, ਜ਼ਬੂਰ 118:22, 23, ਯਸਏ ਹਾਂ 42:1-131 ਹਬਕੂਕ 3:3:4 ਇੰਜੀਲ ਮਤੀ 21:42 ਅਤੇ ਇਨਜੀਲ ਯੂਹੰਨਾਂ 14:12-17-26-27, 16:7:14) ਦੂਜੀ ਥਾਂ ਅੱਲਾਹ ਨੇ ਫ਼ਰਮਾਇਆ ਕਿ ਹੇ ਅਹਲੇ ਕਿਤਾਬ ਈਮਾਨ ਲਿਆਓ ਉਸ ਕੁਰਆਨ 'ਤੇ ਜਿਹੜਾ ਅਸੀਂ ਉਤਾਰਿਆ ਹੈ ਅਤੇ ਉਸ ਕਿਤਾਬ ਦੀ ਪੁਸ਼ਟੀ ਵੀ ਕਰਦਾ ਹੈ ਜਿਹੜੀ ਤੁਹਾਡੇ ਕੋਲ ਕਿਤਾਬ ਹੈ ਇਸ ਤੋਂ ਪਹਿਲਾਂ ਕਿ ਅਸੀਂ ਲੋਕਾਂ ਦੇ ਚਿਹਰੇ ਵਿਗਾੜ ਕੇ ਪਿੱਠ ਵੱਲ ਕਰ ਦਈਏ ਜਾਂ ਫਿਰ ਉਹਨਾਂ 'ਤੇ ਲਾਅਨਤਾਂ ਭੇਜੀਏ ਜਿਵੇਂ ਅਸੀਂ ਅਸਹਾਬੇ ਸਬਤ 'ਤੇ ਲਾਅਨਤ ਕੀਤੀ ਸੀ ਅਤੇ ਚੇਤੇ ਰੱਖੋ ਕਿ ਅੱਲਾਹ ਦਾ ਹੁਕਮ ਲਾਗੂ ਹੋ ਕੇ ਰਹਿੰਦਾ ਹੈ। (ਸੂਰਤ ਨਿਸਾ 47/4) (ਸੂਰਤ ਅਲ-ਹਦੀਦ 28/57)

ਅਤੇ ਉਸ ਦੇ ਪੈਗ਼ੰਬਰ ਉੱਮੀ ਨਬੀ 'ਤੇ ਵੀ ਈਮਾਨ ਲਿਆਓ ਜੋ ਕਿ ਅੱਲਾਹ ਅਤੇ ਉਸ ਦੇ ਹੁਕਮਾਂ ਉੱਤੇ ਈਮਾਨ ਰੱਖਦਾ ਹੈ। ਤੁਸੀਂ ਉਸੇ (ਪੈਗ਼ੰਬਰ) ਦੀ ਹੀ ਪੈਰਵੀ ਕਰੋ ਤਾਂ ਜੋ ਤੁਸੀਂ ਹਿਦਾਇਤ ਪਾ ਸਕੋ।

159 ਮੂਸਾ ਦੀ ਕੌਮ ਵਿਚ ਇਕ ਧੜਾ ਅਜਿਹਾ ਵੀ ਸੀ ਜਿਹੜਾ ਹੱਕ ਅਨੁਸਾਰ ਅਗਵਾਈ ਕਰਦਾ ਹੈ ਅਤੇ ਉਸੇ ਅਨੁਸਾਰ ਇਨਸਾਫ਼ ਵੀ ਕਰਦਾ ਹੈ।

وَمِنْ قَوْمِ مُوسَىٰٓ أُمَّةٌ يَهْدُونَ بِالْحَقِّ
وَبِهِۦ يَعْدِلُونَ ﴿١٥٩﴾

160. ਅਸੀਂ ਉਹਨਾਂ (ਬਨੀ-ਇਸਰਾਈਲ) ਨੂੰ ਬਾਰਾਂ ਪਰਿਵਾਰਾਂ ਵਿਚ ਵੰਡ ਕੇ ਅੱਡ ਅੱਡ ਗਰੋਹ ਬਣਾ ਦਿੱਤੇ। ਜਦੋਂ ਮੂਸਾ ਦੀ ਕੌਮ ਨੇ ਉਸ ਤੋਂ ਪਾਣੀ ਮੰਗਿਆ ਤਾਂ ਅਸੀਂ ਮੂਸਾ ਨੂੰ ਹੁਕਮ ਦਿੱਤਾ ਕਿ ਆਪਣਾ ਅਸਾ (ਸੋਟੀ) ਉਸ ਪੱਥਰ ਉੱਤੇ ਮਾਰ, ਉਸ ਵਿੱਚੋਂ ਉਸੇ ਵੇਲੇ ਬਾਰਾਂ ਚਸ਼ਮੇ ਫੁੱਟ ਵਗੇ ਅਤੇ ਹਰੇਕ ਨੇ ਆਪਣੀ ਪਾਣੀ ਪੀਣ ਦੀ ਥਾਂ ਨਿਰਧਾਰਤ ਕਰ ਲਈ। ਅਸੀਂ ਉਹਨਾਂ ਉੱਤੇ ਬੱਦਲਾਂ ਦੀ ਛਾਂ ਕੀਤੀ ਅਤੇ ਉਹਨਾਂ (ਦੇ ਖਾਣ) ਲਈ ਮੰਨ-ਸਲਵਾ ਦਾ ਪ੍ਰਬੰਧ ਕੀਤਾ ਤਾਂ ਜੋ ਪਾਕ ਚੀਜ਼ਾਂ ਖਾਣ ਜਿਹੜੀਆਂ ਅਸੀਂ ਤੁਹਾਨੂੰ ਦਿੱਤੀਆਂ ਹਨ। ਇਸ ਤੋਂ ਮਗਰੋਂ (ਜੋ ਆਗਿਆ ਦਾ ਪਾਲਣ ਨਹੀਂ ਕੀਤਾ) ਤਾਂ ਉਹਨਾਂ ਨੇ ਸਾਡੇ 'ਤੇ ਜ਼ੁਲਮ ਨਹੀਂ ਕੀਤਾ ਸਗੋਂ ਉਹ ਤਾਂ ਆਪਣੇ ਆਪ ਨਾਲ ਹੀ ਜ਼ੁਲਮ ਕਰਦੇ ਰਹੇ।

وَقَطَّعْنَٰهُمُ ٱثْنَتَيْ عَشْرَةَ أَسْبَاطًا أُمَمًا ۚ وَأَوْحَيْنَآ
إِلَىٰ مُوسَىٰٓ إِذِ ٱسْتَسْقَىٰهُ قَوْمُهُۥٓ أَنِ ٱضْرِب
بِّعَصَاكَ ٱلْحَجَرَ ۖ فَٱنۢبَجَسَتْ مِنْهُ ٱثْنَتَا عَشْرَةَ
عَيْنًا ۖ قَدْ عَلِمَ كُلُّ أُنَاسٍ مَّشْرَبَهُمْ ۚ وَظَلَّلْنَا
عَلَيْهِمُ ٱلْغَمَٰمَ وَأَنزَلْنَا عَلَيْهِمُ ٱلْمَنَّ وَٱلسَّلْوَىٰ ۖ
كُلُوا۟ مِن طَيِّبَٰتِ مَا رَزَقْنَٰكُمْ ۚ وَمَا ظَلَمُونَا وَلَٰكِن
كَانُوٓا۟ أَنفُسَهُمْ يَظْلِمُونَ ﴿١٦٠﴾

161. ਅਤੇ ਜਦੋਂ ਉਹਨਾਂ ਨੂੰ ਕਿਹਾ ਗਿਆ ਕਿ ਤੁਸੀਂ ਇਸ ਬਸਤੀ ਵਿਚ ਜਾ ਵਸੋ ਅਤੇ ਜੋ ਤੁਸੀਂ ਪਸੰਦ ਕਰਦੇ ਹੋ ਖਾਓ ਅਤੇ ਜ਼ੁਬਾਨ ਤੋਂ ਹਿੱਤਾਤੁਨ ਆਖਦੇ ਜਾਣਾ (ਕਿ ਤੌਬਾ ਹੈ) ਅਤੇ ਸ਼ਹਿਰ ਦੇ ਬੂਹੇ ਵਿਚ ਝੁਕਦੇ ਹੋਏ ਦਾਖ਼ਲ ਹੋਣਾ, ਫੇਰ ਅਸੀਂ ਤੁਹਾਡੀਆਂ ਸਾਰੀਆਂ ਗ਼ਲਤੀਆਂ ਨੂੰ ਮੁਆਫ਼ ਕਰ ਦਿਆਂਗਾ

وَإِذْ قِيلَ لَهُمُ ٱسْكُنُوا۟ هَٰذِهِ ٱلْقَرْيَةَ وَكُلُوا۟ مِنْهَا
حَيْثُ شِئْتُمْ وَقُولُوا۟ حِطَّةٌ وَٱدْخُلُوا۟ ٱلْبَابَ
سُجَّدًا نَّغْفِرْ لَكُمْ خَطِيٓـَٰٔتِكُمْ ۚ سَنَزِيدُ
ٱلْمُحْسِنِينَ ﴿١٦١﴾

ਅਤੇ ਜਿਹੜੇ ਲੋਕੀ ਨੇਕ ਕੰਮ ਕਰਨਗੇ ਉਹਨਾਂ ਨੂੰ ਹੋਰ ਵਧੇਰਾ ਕੁੱਝ ਦੇਵਾਂਗੇ।

162. ਪਰ ਉਹਨਾਂ ਜ਼ਾਲਮਾਂ ਨੇ ਉਸ ਗੱਲ ਨੂੰ ਹੀ ਬਦਲ ਦਿੱਤਾ ਜਿਹੜੀ ਉਹਨਾਂ ਨੂੰ ਆਖੀ ਗਈ ਸੀ। ਇਸੇ ਕਾਰਨ ਅਸੀਂ ਉਹਨਾਂ ਉੱਤੇ ਇਕ ਅਕਾਸ਼ੀ ਅਜ਼ਾਬ ਭੇਜਿਆ ਕਿਉਂ ਜੋ ਉਹ ਜ਼ੁਲਮ ਕਰਦੇ ਸਨ।

فَبَدَّلَ الَّذِينَ ظَلَمُوا مِنْهُمْ قَوْلًا غَيْرَ الَّذِي
قِيلَ لَهُمْ فَأَرْسَلْنَا عَلَيْهِمْ رِجْزًا مِنَ السَّمَاءِ
بِمَا كَانُوا يَظْلِمُونَ ﴿١٦٢﴾

163. ਤੁਸੀਂ (ਹੇ ਮੁਹੰਮਦ!) ਇਹਨਾਂ (ਯਹੂਦੀਆਂ) ਲੋਕਾਂ ਤੋਂ ਉਸ ਬਸਤੀ (ਈਲਾ) ਬਾਰੇ ਪੁੱਛੋ ਜਿਹੜੀ ਦਰਿਆ ਦੇ ਕੰਢੇ ਆਬਾਦ ਸੀ ਜਦੋਂ ਕਿ ਉਹ ਸੱਬਤ (ਸ਼ਨਿਚਰਵਾਰ) ਵਾਲੇ ਦਿਨ ਹੱਦੋਂ ਟੱਪ ਜਾਂਦੇ ਸੀ। ਸਬਤ ਵਾਲੇ ਦਿਨ ਤਾਂ ਮੱਛੀਆਂ ਉਹਨਾਂ ਨੂੰ ਵਿਖਾਈ ਦਿੰਦੀਆਂ ਸਨ ਜਦੋਂ ਸਬਤ ਵਾਲਾ ਦਿਨ ਨਾ ਹੁੰਦਾ ਤਾਂ ਉਹਨਾਂ ਦੇ ਸਾਹਮਣੇ ਨਾ ਆਉਂਦੀਆਂ। ਅਸੀਂ ਉਹਨਾਂ ਦੀ ਇਸ ਪ੍ਰਕਾਰ ਪਰਖ ਕਰਦੇ ਸੀ ਕਿਉਂ ਜੋ ਉਹ ਕਹਿਣਾ ਨਹੀਂ ਸੀ ਮੰਨਦੇ।

وَسْأَلْهُمْ عَنِ الْقَرْيَةِ الَّتِي كَانَتْ حَاضِرَةَ
الْبَحْرِ إِذْ يَعْدُونَ فِي السَّبْتِ إِذْ تَأْتِيهِمْ
حِيتَانُهُمْ يَوْمَ سَبْتِهِمْ شُرَّعًا وَيَوْمَ لَا يَسْبِتُونَ
لَا تَأْتِيهِمْ كَذَٰلِكَ نَبْلُوهُمْ بِمَا كَانُوا
يَفْسُقُونَ ﴿١٦٣﴾

164. ਜਦੋਂ ਉਹਨਾਂ (ਮੂਸਾ) ਦੀ ਇਕ (ਨੇਕ) ਜਮਾਅਤ ਨੇ ਕਿਹਾ ਕਿ ਤੁਸੀਂ ਅਜਿਹੇ ਲੋਕਾਂ ਨੂੰ ਕਿਉਂ ਨਸੀਹਤਾਂ ਕਰਦੇ ਹੋ ਜਿਨ੍ਹਾਂ ਨੂੰ ਅੱਲਾਹ ਉੱਕਾ ਹੀ ਹਲਾਕ ਕਰਨਾ ਚਾਹੁੰਦਾ ਹੈ ਜਾਂ ਉਹਨਾਂ ਨੂੰ ਕਰੜੀ ਸਜ਼ਾ ਦੇਣ ਵਾਲਾ ਹੈ? ਉਹਨਾਂ (ਮੂਸਾ) ਨੇ ਜਵਾਬ ਦਿੱਤਾ, ਇਸ ਲਈ (ਹਿਦਾਇਤ ਕਰਦਾਂ ਹਾਂ) ਕਿ ਤੁਹਾਡੇ ਰੱਬ ਦੇ ਹਜ਼ੂਰ ਉਜ਼ਰ (ਹੁੱਜਤ) ਪੇਸ਼ ਕਰ ਸਕਾਂ ਅਤੇ ਇਹ ਵੀ ਹੋ ਸਕਦਾ ਹੈ ਕਿ ਉਹ ਡਰ ਜਾਣ।

وَإِذْ قَالَتْ أُمَّةٌ مِنْهُمْ لِمَ تَعِظُونَ قَوْمًا
اللَّهُ مُهْلِكُهُمْ أَوْ مُعَذِّبُهُمْ عَذَابًا شَدِيدًا
قَالُوا مَعْذِرَةً إِلَىٰ رَبِّكُمْ وَلَعَلَّهُمْ يَتَّقُونَ ﴿١٦٤﴾

165. ਸੋ ਜਦੋਂ ਉਹ ਸਭ (ਨਸੀਹਤਾਂ) ਭੁੱਲ ਗਏ ਜਿਹੜੀਆਂ ਉਹਨਾਂ ਨੂੰ ਸਮਝਾਈਆਂ ਜਾਂਦੀਆਂ ਸੀ ਫੇਰ ਅਸੀਂ ਉਹਨਾਂ ਨੂੰ (ਅਜ਼ਾਬ ਤੋਂ) ਬਚਾ ਲਿਆ ਜਿਹੜੇ ਭੈੜੀਆਂ ਗੱਲਾਂ ਤੋਂ ਰੋਕਿਆ ਕਰਦੇ ਸੀ ਪਰ

فَلَمَّا نَسُوا مَا ذُكِّرُوا بِهِ أَنْجَيْنَا الَّذِينَ
يَنْهَوْنَ عَنِ السُّوءِ وَأَخَذْنَا الَّذِينَ ظَلَمُوا
بِعَذَابٍ بَئِيسٍ بِمَا كَانُوا يَفْسُقُونَ ﴿١٦٥﴾

ਉਹ ਲੋਕੀ, ਜਿਹੜੇ ਜ਼ੁਲਮ ਕਰਦੇ ਸੀ, ਉਹਨਾਂ ਨੂੰ ਇਕ ਕਰੜੇ ਅਜ਼ਾਬ ਵਿਚ ਫੜ ਲਿਆ, ਇਸ ਲਈ ਕਿ ਉਹ ਨਾ-ਫ਼ਰਮਾਨੀਆਂ ਕਰਿਆ ਕਰਦੇ ਸੀ।

فَلَمَّا عَتَوْا عَن مَّا نُهُوا عَنْهُ قُلْنَا لَهُمْ كُونُوا قِرَدَةً خَاسِئِينَ ﴿١٦٦﴾

166. ਜਦੋਂ ਜਿਸ ਕੰਮ ਤੋਂ ਉਹਨਾਂ ਨੂੰ ਰੋਕਿਆ ਸੀ, ਉਸ ਵਿਚ ਹੱਦੋਂ ਟੱਪ ਗਏ ਤਾਂ ਅਸੀਂ ਉਹਨਾਂ ਨੂੰ ਆਖ ਦਿੱਤਾ ਕਿ ਤੁਸੀਂ ਜ਼ਲੀਲ ਬਾਂਦਰ ਬਣ ਜਾਓ।[1]

وَإِذْ تَأَذَّنَ رَبُّكَ لَيَبْعَثَنَّ عَلَيْهِمْ إِلَىٰ يَوْمِ الْقِيَامَةِ مَن يَسُومُهُمْ سُوءَ الْعَذَابِ ۗ إِنَّ رَبَّكَ لَسَرِيعُ الْعِقَابِ ۖ وَإِنَّهُ لَغَفُورٌ رَّحِيمٌ ﴿١٦٧﴾

167. (ਹੇ ਨਬੀ! ਉਹ ਵੇਲਾ ਵੀ ਯਾਦ ਰੱਖਣਾ ਚਾਹੀਦਾ ਹੈ) ਜਦੋਂ ਤੁਹਾਡੇ ਰੱਬ ਨੇ ਇਹ ਚਿਤਾਵਨੀ ਦਿੱਤੀ ਸੀ ਕਿ ਉਹ ਇਹਨਾਂ (ਯਹੂਦੀਆਂ) ਉੱਤੇ ਕਿਆਮਤ ਤਕ ਇਕ ਅਜਿਹਾ ਵਿਅਕਤੀ ਜ਼ਰੂਰ ਹੀ ਥੋਪਦਾ ਰਹੇਗਾ ਰਹੇਗਾ, ਜਿਹੜਾ ਉਹਨਾਂ ਨੂੰ ਸਖ਼ਤ ਤਕਲੀਫ਼ਾਂ ਦਿੰਦਾ ਰਹੇਗਾ। ਬੇਸ਼ੱਕ ਤੁਹਾਡਾ ਰੱਬ ਛੇਤੀ ਹੀ ਸਜ਼ਾ ਦੇਣ ਵਾਲਾ ਹੈ। ਉਹ ਬਹੁਤ ਵੱਡਾ ਬਖ਼ਸ਼ਣਹਾਰ ਅਤੇ ਰਹਿਮਤਾਂ ਵਾਲਾ ਹੈ।

وَقَطَّعْنَاهُمْ فِي الْأَرْضِ أُمَمًا ۖ مِّنْهُمُ الصَّالِحُونَ وَمِنْهُمْ دُونَ ذَٰلِكَ ۖ وَبَلَوْنَاهُم بِالْحَسَنَاتِ وَالسَّيِّئَاتِ لَعَلَّهُمْ يَرْجِعُونَ ﴿١٦٨﴾

168. ਅਸੀਂ ਸੰਸਾਰ ਵਿਚ ਉਹਨਾਂ ਨੂੰ ਵੱਖ ਵੱਖ ਧੜਿਆਂ ਵਿਚ ਵੰਡ ਦਿੱਤਾ। ਕੁੱਝ ਉਹਨਾਂ ਵਿੱਚੋਂ ਨੇਕ ਸੀ ਅਤੇ ਕੁੱਝ ਉਸ ਦੇ ਉਲਟ (ਭੈੜੇ) ਸੀ। ਅਸੀਂ ਉਹਨਾਂ ਨੂੰ ਚੰਗੇ ਮਾੜੇ ਹਾਲਤਾਂ ਦੁਆਰਾ ਪਰਖਦੇ ਰਹੇ ਕਿ ਹੋ ਸਕਦਾ ਹੈ ਕਿ ਉਹ (ਆਪਣੀਆਂ ਹਰਕਤਾਂ ਤੋਂ) ਬਾਜ਼ ਆ ਜਾਣ।

---

[1] ਇਸ ਤੋਂ ਪਤਾ ਲੱਗਦਾ ਹੈ ਕਿ ਅੱਲਾਹ ਦੀ ਨਾ-ਫ਼ਰਮਾਨੀ ਦੁਨੀਆਂ ਤੇ ਆਖ਼ਿਰਤ ਦੋਵੇਂ ਥਾਂ ਜ਼ਲੀਲ ਅਤੇ ਰੁਸਵਾਈ ਦਾ ਕਾਰਨ ਬਣਦੀ ਹੈ ਅਤੇ ਅੱਲਾਹ ਦੀ ਨਾ-ਫ਼ਰਮਾਨੀ ਤੋਂ ਬਚਣ ਵਾਲੇ ਨੂੰ ਜੰਨਤ ਦੀ ਜ਼ਮਾਨਤ ਦਿੱਤੀ ਗਈ ਹੈ ਜਿਵੇਂ ਸਹਲ ਬਿਨ ਸਾਅਦ ਰ:ਅ: ਤੋਂ ਪਤਾ ਲੱਗਦਾ ਹੈ ਕਿ ਰਸੂਲ (ਸ:) ਨੇ ਫ਼ਰਮਾਇਆ ਜਿਹੜਾ ਵਿਅਕਤੀ ਮੈਨੂੰ ਇਸ ਦੀ ਰਾਖੀ ਕਰਨ ਦੀ ਜ਼ਮਾਨਤ ਦੇ ਦੇਵੇ ਜਿਹੜੀ ਜਬਾੜ੍ਹਿਆਂ ਦੇ ਵਿਚਕਾਰ ਹੈ ਭਾਵ (ਮੂੰਹ ਤੇ ਜ਼ੁਬਾਨ) ਅਤੇ ਉਸ ਦੀ ਜਿਹੜੀ ਚੀਜ਼ ਦੋ ਲੱਤਾਂ ਦੇ ਵਿਚਕਾਰ ਹੈ (ਭਾਵ ਗੁਪਤ ਅੰਗ) ਤਾਂ ਮੈਂ ਉਸ ਨੂੰ ਜੰਨਤ ਦੀ ਜ਼ਮਾਨਤ ਦਿੰਦਾ ਹਾਂ (ਸਹੀ ਬੁਖ਼ਾਰੀ, ਹਦੀਸ: 6474) ਭਾਵ ਜਿਹੜਾ ਕੌੜੀ ਚੁਗ਼ਲੀ, ਝੂਠ ਅਤੇ ਘਟੀਆ ਗੱਲਾਂ ਤੋਂ ਆਪਣੀ ਜ਼ੁਬਾਨ ਨੂੰ ਅਤੇ ਹਰਾਮ ਚੀਜ਼ਾਂ ਦੇ ਖਾਣ ਪੀਣ ਤੋਂ ਆਪਣੇ ਮੂੰਹ ਨੂੰ ਅਤੇ ਜ਼ਨਾ, ਬਦਕਾਰੀ ਦੇ ਗੁਨਾਹਾਂ ਤੋਂ ਆਪਣੇ ਆਪ ਨੂੰ ਬਚਾ ਕੇ ਰਖੇਗਾ ਤਾਂ ਉਹ ਜੰਨਤੀ ਹੈ।

169. ਫੇਰ ਉਹਨਾਂ ਤੋਂ ਬਾਅਦ ਅਯੋਗ ਲੋਕ ਉਹਨਾਂ ਦੇ ਜਾਨਸ਼ੀਨ ਹੋਏ ਜਿਹੜੇ ਕਿਤਾਬ (ਤੌਰੈਤ) ਦੇ ਵਾਰਸ ਬਣੇ ਉਹ ਦੁਨੀਆਂ ਦੇ ਤੁੱਛ ਲਾਭ ਸੈਂਤਦੇ ਹਨ ਅਤੇ ਆਖਦੇ ਹਨ ਕਿ ਸਾਡੀ ਬਖ਼ਸ਼ਿਸ਼ ਜ਼ਰੂਰ ਹੋਵੇਗੀ। ਜਦ ਕਿ ਉਹਨਾਂ ਦਾ ਹਾਲ ਇਹ ਹੈ ਕਿ ਜੇ ਉਹੀਓ ਸੰਸਾਰਿਕ ਸਮੱਗਰੀ ਉਹਨਾਂ ਕੋਲ ਮੁੜ ਆਜਾਵੇ ਤਾਂ ਉਸ ਨੂੰ ਵੀ ਲੈ ਲੈਣਗੇ। ਕੀ ਉਹਨਾਂ ਤੋਂ ਇਸ ਕਿਤਾਬ ਤੌਰੈਤ ਵਿਚ ਪ੍ਰਤਿੱਗਿਆ ਨਹੀਂ ਲਈ ਗਈ ਸੀ ਕਿ ਉਹ ਅੱਲਾਹ ਬਾਰੇ ਛੁੱਟ ਹੱਕ ਬਾਤ ਤੋਂ ਹੋਰ ਕੋਈ ਗੱਲ ਨਹੀਂ ਬੋਲਣਗੇ ਜਦ ਕਿ ਉਹਨਾਂ ਨੇ ਇਸ ਕਿਤਾਬ ਵਿਚ ਜੋ ਕੀ ਸੀ ਉਸ ਨੂੰ ਪੜ੍ਹ ਲਿਆ ਹੈ। ਆਖ਼ਿਰਤ ਵਾਲਾ ਘਰ ਉਹਨਾਂ ਲੋਕਾਂ ਲਈ ਵਧੀਆ ਹੈ ਜਿਹੜੇ ਰੱਬ ਦਾ ਡਰ ਰੱਖਦੇ ਹਨ। ਕੀ ਤੁਸੀਂ ਕੁੱਝ ਵੀ ਨਹੀਂ ਸਮਝਦੇ?

فَخَلَفَ مِنْ بَعْدِهِمْ خَلْفٌ وَّرِثُوا الْكِتٰبَ
يَاْخُذُوْنَ عَرَضَ هٰذَا الْاَدْنٰى وَيَقُوْلُوْنَ
سَيُغْفَرُ لَنَا ۚ وَاِنْ يَّاْتِهِمْ عَرَضٌ مِّثْلُهٗ
يَاْخُذُوْهُ ۗ اَلَمْ يُؤْخَذْ عَلَيْهِمْ مِّيْثَاقُ
الْكِتٰبِ اَنْ لَّا يَقُوْلُوْا عَلَى اللّٰهِ اِلَّا الْحَقَّ
وَدَرَسُوْا مَا فِيْهِ ۗ وَالدَّارُ الْاٰخِرَةُ خَيْرٌ
لِّلَّذِيْنَ يَتَّقُوْنَ ۗ اَفَلَا تَعْقِلُوْنَ ﴿١٦٩﴾

170. ਜਿਹੜੇ ਲੋਕੀ ਕਿਤਾਬ (ਦੇ ਹੁਕਮਾਂ) ਦੀ ਪਾਬੰਦੀ ਕਰਦੇ ਹਨ ਅਤੇ ਨਮਾਜ਼ ਨੂੰ ਕਾਇਮ ਕਰਦੇ ਹਨ ਅਸੀਂ (ਅੱਲਾਹ) ਅਜਿਹੇ ਨੇਕ ਲੋਕਾਂ ਦਾ ਬਦਲਾ ਅਜਾਈਂ ਨਹੀਂ ਕਰਦੇ।

وَالَّذِيْنَ يُمَسِّكُوْنَ بِالْكِتٰبِ وَاَقَامُوا الصَّلٰوةَ ۗ
اِنَّا لَا نُضِيْعُ اَجْرَ الْمُصْلِحِيْنَ ﴿١٧٠﴾

171. ਉਹ ਸਮਾਂ ਵੀ ਜ਼ਿਕਰ ਯੋਗ ਹੈ ਜਦੋਂ ਅਸਾਂ (ਉਹਨਾਂ ਦੇ ਸਿਰਾਂ ਉੱਤੇ) ਪਹਾੜ ਨੂੰ ਇੰਜ ਖੜਾ ਕਰ ਦਿੱਤਾ ਸੀ ਜਿਵੇਂ ਉਹ ਇਕ ਛਤਰ ਹੁੰਦੇ ਅਤੇ ਉਹ ਸਮਝਦੇ ਸੀ ਕਿ ਇਹ ਪਹਾੜ ਉਹਨਾਂ ਉੱਤੇ ਡਿਗਿਆ ਹੀ ਡਿਗਿਆ ਹੈ ਅਤੇ ਅਸੀਂ ਕਿਹਾ ਸੀ ਕਿ ਜਿਹੜੀ ਕਿਤਾਬ (ਤੌਰੈਤ) ਅਸੀਂ ਤੁਹਾਨੂੰ ਦਿੱਤੀ ਹੈ ਉਸ ਨੂੰ ਦ੍ਰਿੜਤਾ ਨਾਲ ਫੜੋ ਅਤੇ ਜਿਹੜੇ ਇਸ ਵਿਚ ਆਦੇਸ਼ ਹਨ ਉਹਨਾਂ ਦੀ ਪਾਲਣਾ ਕਰੋ, ਆਸ ਹੈ ਕਿ ਤੁਸੀਂ ਰੱਬ ਤੋਂ ਡਰਨ ਵਾਲੇ ਬਣ ਜਾਓਗੇ।

وَاِذْ نَتَقْنَا الْجَبَلَ فَوْقَهُمْ كَاَنَّهٗ ظُلَّةٌ
وَّظَنُّوْٓا اَنَّهٗ وَاقِعٌ ۢ بِهِمْ ۚ خُذُوْا مَآ اٰتَيْنٰكُمْ
بِقُوَّةٍ وَّاذْكُرُوْا مَا فِيْهِ لَعَلَّكُمْ تَتَّقُوْنَ ﴿١٧١﴾

172. ਜਦੋਂ ਤੁਹਾਡੇ ਰੱਬ ਨੇ ਆਦਮ ਦੇ ਪੁੱਤਰਾਂ ਦੀਆਂ ਪਿੱਠਾਂ ਵਿੱਚੋਂ ਉਸ ਦੀ ਔਲਾਦ ਨੂੰ ਕੱਢਿਆ ਸੀ ਅਤੇ ਉਹਨਾਂ ਨੂੰ ਉਹਨਾਂ ਦੀਆਂ ਜਾਨਾਂ ਉੱਤੇ ਗਵਾਹ ਬਣਾਇਆ ਸੀ, ਕੀ ਮੈਂ ਤੁਹਾਡਾ ਰੱਬ ਨਹੀਂ ਹਾਂ? ਸਭ ਨੇ ਉੱਤਰ ਦਿੱਤਾ ਸੀ ਕਿ ਕਿਉਂ ਨਹੀਂ! ਅਸੀਂ ਸਾਰੇ ਇਸ ਗੱਲ ਦੀ ਪੁਸ਼ਟੀ ਕਰਦੇ ਹਾਂ (ਇਹ ਇਸ ਲਈ ਪੁੱਛਿਆ ਸੀ) ਤਾਂ ਜੋ ਕਿਆਮਤ ਦਿਹਾੜੇ ਤੁਸੀਂ ਇਹ ਨਾ ਕਹਿ ਸਕੋ ਕਿ ਸਾਨੂੰ ਤਾਂ ਪਤਾ ਹੀ ਨਹੀਂ ਸੀ।

وَإِذْ أَخَذَ رَبُّكَ مِنْ بَنِىٓ ءَادَمَ مِن ظُهُورِهِمْ ذُرِّيَّتَهُمْ وَأَشْهَدَهُمْ عَلَىٰٓ أَنفُسِهِمْ أَلَسْتُ بِرَبِّكُمْ ۖ قَالُوا۟ بَلَىٰ ۛ شَهِدْنَآ ۛ أَن تَقُولُوا۟ يَوْمَ ٱلْقِيَٰمَةِ إِنَّا كُنَّا عَنْ هَٰذَا غَٰفِلِينَ ﴿١٧٢﴾

173. ਜਾਂ ਤੁਸੀਂ ਇਹ ਕਹੋ ਕਿ ਸਾਥੋਂ ਪਹਿਲਾਂ ਸ਼ਿਰਕ ਸਾਡੇ ਬਜ਼ੁਰਗਾਂ ਨੇ ਕੀਤਾ ਸੀ ਅਤੇ ਅਸੀਂ ਤਾਂ ਉਹਨਾਂ ਦੀ ਨਸਲ ਵਿੱਚੋਂ ਹਾਂ। ਕੀ ਤੂੰ ਸਾਨੂੰ ਉਹਨਾਂ ਕੁਰਾਹੇ ਪਏ ਲੋਕਾਂ ਦੇ ਅਮਲਾਂ ਕਾਰਨ ਹਲਾਕ ਕਰਦਾ ਹੈਂ?

أَوْ تَقُولُوٓا۟ إِنَّمَآ أَشْرَكَ ءَابَآؤُنَا مِن قَبْلُ وَكُنَّا ذُرِّيَّةً مِّنۢ بَعْدِهِمْ ۖ أَفَتُهْلِكُنَا بِمَا فَعَلَ ٱلْمُبْطِلُونَ ﴿١٧٣﴾

174. ਅਸੀਂ ਇਸੇ ਪ੍ਰਕਾਰ ਸਾਫ਼-ਸਾਫ਼ ਆਇਤਾਂ ਬਿਆਨ ਕਰਦੇ ਹਾਂ ਤਾਂ ਜੋ ਉਹ (ਆਪਣੀਆਂ ਹਰਕਤਾਂ ਤੋਂ) ਬਾਜ਼ ਆ ਜਾਣ।

وَكَذَٰلِكَ نُفَصِّلُ ٱلْءَايَٰتِ وَلَعَلَّهُمْ يَرْجِعُونَ ﴿١٧٤﴾

175 (ਹੇ ਨਬੀ!) ਇਹਨਾਂ ਲੋਕਾਂ ਨੂੰ ਉਸ ਵਿਅਕਤੀ ਦਾ ਵੀ ਹਾਲ ਸੁਣਾਓ ਜਿਸ ਨੂੰ ਅਸੀਂ ਆਇਤਾਂ ਦਾ ਗਿਆਨ ਦਿੱਤਾ ਸੀ ਪਰ ਉਹ ਉਹਨਾਂ ਦੀ ਪਾਬੰਦੀ ਤੋਂ ਨੱਸ ਗਿਆ, ਸਗੋਂ ਸ਼ੈਤਾਨ ਦੇ ਪਿੱਛੇ ਲੱਗ ਗਿਆ। ਸੋ ਉਹ ਕੁਰਾਹੇ ਪਏ ਲੋਕਾਂ ਵਿੱਚੋਂ ਹੋ ਗਿਆ।

وَٱتْلُ عَلَيْهِمْ نَبَأَ ٱلَّذِىٓ ءَاتَيْنَٰهُ ءَايَٰتِنَا فَٱنسَلَخَ مِنْهَا فَأَتْبَعَهُ ٱلشَّيْطَٰنُ فَكَانَ مِنَ ٱلْغَاوِينَ ﴿١٧٥﴾

176. ਜੇ ਅਸੀਂ ਚਾਹੁੰਦੇ ਤਾਂ ਇਹਨਾਂ ਆਇਤਾਂ ਦੁਆਰਾ ਹੀ ਉਸ ਦਾ ਦਰਜਾ ਬੁਲੰਦ ਕਰ ਦਿੰਦੇ ਪਰ ਉਹ ਦੁਨੀਆਂ ਵੱਲ ਹੀ ਝੁਕ ਗਿਆ ਅਤੇ ਆਪਣੀ ਮਨ ਦੀਆਂ ਇੱਛਾਵਾਂ ਦੀ ਪੈਰਵੀ ਕਰਨ ਲੱਗ ਪਿਆ। ਸੋ ਉਸ ਦੀ ਹਾਲਤ ਕੁੱਤੇ ਵਾਂਗ ਹੋ ਗਈ ਕਿ ਜੇ ਤੁਸੀਂ ਉਸ 'ਤੇ ਹਮਲਾ ਕਰੋ ਤਾਂ ਵੀ

وَلَوْ شِئْنَا لَرَفَعْنَٰهُ بِهَا وَلَٰكِنَّهُۥٓ أَخْلَدَ إِلَى ٱلْأَرْضِ وَٱتَّبَعَ هَوَىٰهُ ۚ فَمَثَلُهُۥ كَمَثَلِ ٱلْكَلْبِ إِن تَحْمِلْ عَلَيْهِ يَلْهَثْ أَوْ تَتْرُكْهُ يَلْهَث ۚ ذَّٰلِكَ مَثَلُ ٱلْقَوْمِ ٱلَّذِينَ كَذَّبُوا۟ بِـَٔايَٰتِنَا ۚ فَٱقْصُصِ ٱلْقَصَصَ لَعَلَّهُمْ يَتَفَكَّرُونَ ﴿١٧٦﴾

ਹੌਂਕ ਜਾਂਦਾ ਹੈ ਤੇ ਜੇ ਉਸ ਨੂੰ ਛੱਡ ਦਿਓ ਤਾਂ ਵੀ ਹੌਂਕਣ ਲੱਗਦਾ ਹੈ। ਇਹੋ ਹਾਲਤ ਉਹਨਾਂ ਲੋਕਾਂ ਦੀ ਹੈ ਜਿਨ੍ਹਾਂ ਨੇ ਸਾਡੀਆਂ ਆਇਤਾਂ ਦਾ ਇਨਕਾਰ ਕੀਤਾ, ਸੋ ਤੁਸੀਂ (ਹੇ ਨਬੀ!) ਉਹਨਾਂ (ਯਹੂਦੀਆਂ) ਨੂੰ ਇਹ ਕਿੱਸਾ ਬਿਆਨ ਕਰੋ, ਹੋ ਸਕਦਾ ਹੈ ਉਹ ਕੁੱਝ ਸੋਚਣ।

177. ਉਹਨਾਂ ਦੀ ਵੀ ਹਾਲਤ ਬੁਰੀ ਹੈ ਜਿਹੜੇ ਸਾਡੀਆਂ ਆਇਤਾਂ ਨੂੰ ਝੁਠਲਾਉਂਦੇ ਹਨ ਅਤੇ ਇੰਜ ਉਹ ਆਪਣਾ ਹੀ ਨੁਕਸਾਨ ਕਰਦੇ ਹਨ।

سَآءَ مَثَلًا الْقَوْمُ الَّذِيْنَ كَذَّبُوْا بِاٰيٰتِنَا
وَاَنْفُسَهُمْ كَانُوْا يَظْلِمُوْنَ ﴿١٧٧﴾

178. ਜਿਸ ਨੂੰ ਅੱਲਾਹ ਹਿਦਾਇਤ ਦਿੰਦਾ ਹੈ ਹਿਦਾਇਤ ਉਸੇ ਨੂੰ ਹੀ ਮਿਲਦੀ ਹੈ ਅਤੇ ਜਿਸ ਨੂੰ ਉਹ ਗੁਮਰਾਹ ਕਰ ਦੇਵੇ ਉਹੀਓ ਘਾਟੇ ਵਿਚ ਰਹਿਣ ਵਾਲਾ ਹੈ।

مَنْ يَّهْدِ اللّٰهُ فَهُوَ الْمُهْتَدِيْ ۚ وَمَنْ
يُّضْلِلْ فَاُولٰٓئِكَ هُمُ الْخٰسِرُوْنَ ﴿١٧٨﴾

179. ਅਸੀਂ ਕਿੰਨੇ ਹੀ ਜਿੰਨ ਤੇ ਮਨੁੱਖ ਨਰਕ ਲਈ ਪੈਦਾ ਕੀਤੇ ਹਨ, ਉਹਨਾਂ ਦੀਆਂ ਅਕਲਾਂ ਤਾਂ ਹਨ ਪਰ ਉਹਨਾਂ ਤੋਂ ਹੱਕ ਨੂੰ ਸਮਝਦੇ ਨਹੀਂ ਅਤੇ ਉਹਨਾਂ ਦੀਆਂ ਅੱਖਾਂ ਤਾਂ ਹਨ ਜਿਨ੍ਹਾਂ ਤੋਂ ਵੇਖਦੇ ਨਹੀਂ ਅਤੇ ਉਹਨਾਂ ਦੇ ਕੰਨ ਤਾਂ ਹਨ ਜਿਨ੍ਹਾਂ ਤੋਂ ਸੁਣਦੇ ਨਹੀਂ। ਇਹ ਲੋਕੀ ਜਾਨਵਰਾਂ ਵਾਂਗ ਹਨ ਸਗੋਂ ਉਹਨਾਂ ਤੋਂ ਵੀ ਵੱਧ ਗੁਮਰਾਹ ਹਨ, ਇਹੋ ਲੋਕੀ ਬੇਸੁਰਤ ਹਨ।

وَلَقَدْ ذَرَاْنَا لِجَهَنَّمَ كَثِيْرًا مِّنَ الْجِنِّ
وَالْاِنْسِ ۖ لَهُمْ قُلُوْبٌ لَّا يَفْقَهُوْنَ بِهَا ۫
وَلَهُمْ اَعْيُنٌ لَّا يُبْصِرُوْنَ بِهَا ۫ وَلَهُمْ
اٰذَانٌ لَّا يَسْمَعُوْنَ بِهَا ۗ اُولٰٓئِكَ كَالْاَنْعَامِ
بَلْ هُمْ اَضَلُّ ۗ اُولٰٓئِكَ هُمُ الْغٰفِلُوْنَ ﴿١٧٩﴾

180. ਸਾਰੇ ਹੀ ਸੋਹਣੇ ਨਾਂ ਅੱਲਾਹ ਦੇ ਲਈ ਹਨ ਸੋ ਤੁਸੀਂ ਉਸ ਨੂੰ[1] ਇਹਨਾਂ ਨਾਵਾਂ ਨਾਲ ਹੀ ਸੱਦੋ। ਅਜਿਹੇ ਲੋਕਾਂ ਨਾਲ ਸੰਬੰਧ ਵੀ ਨਾ ਰੱਖੋ ਜਿਹੜੇ

وَلِلّٰهِ الْاَسْمَآءُ الْحُسْنٰى فَادْعُوْهُ بِهَا ۪
وَذَرُوا الَّذِيْنَ يُلْحِدُوْنَ فِيْٓ اَسْمَآئِهٖ ؕ
سَيُجْزَوْنَ مَا كَانُوْا يَعْمَلُوْنَ ﴿١٨٠﴾

[1] ਅੱਲਾਹ ਦੇ ਨਿੰਨਾਨਵੇਂ ਨਾਂ ਹਨ। ਹਜ਼ਰਤ ਅਬੂ-ਹੁਰੈਰਾ ਦੱਸਦੇ ਹਨ ਕਿ ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ ਅੱਲਾਹ ਦੇ ਨਿੰਨਾਨਵੇਂ ਨਾਂ ਹਨ ਜਿਹੜਾ ਵੀ ਇਹਨਾਂ ਨੂੰ ਯਾਦ ਕਰ ਲਵੇਗਾ, ਜੰਨਤ ਵਿਚ ਜਾਵੇਗਾ ਅਤੇ ਅੱਲਾਹ ਵਿਤਰ (ਟਾਂਕ) ਹੈ ਅਤੇ ਵਿਤਰ ਨੂੰ ਪਸੰਦ ਕਰਦਾ ਹੈ। (ਸਹੀ ਬੁਖ਼ਾਰੀ, ਹਦੀਸ 6410)

ਉਸ ਦੇ ਨਾਵਾਂ ਵਿਚ ਵਿੰਗ-ਵੱਲ ਪਾਉਂਦੇ ਹਨ। ਇਹਨਾਂ ਲੋਕਾਂ ਨੂੰ ਇਹਨਾਂ ਦੇ ਕੀਤੇ ਦੀ ਸਜ਼ਾ ਛੇਤੀ ਹੀ ਮਿਲੇਗੀ।

وَمِمَّنْ خَلَقْنَآ أُمَّةٌ يَهْدُونَ بِالْحَقِّ وَبِهِۦ يَعْدِلُونَ ﴿١٨١﴾

181. ਸਾਡੀ ਮਖ਼ਲੂਕ ਵਿਚ ਇਕ ਗਰੋਹ ਅਜਿਹਾ ਵੀ ਹੈ ਜਿਹੜਾ ਹੱਕ ਅਨੁਸਾਰ ਰਾਹ ਦਰਸਾਉਂਦਾ ਹੈ ਅਤੇ ਉਸੇ ਅਨੁਸਾਰ ਫ਼ੈਸਲੇ ਕਰਦਾ ਹੈ।

وَالَّذِينَ كَذَّبُوا بِـَٔايَٰتِنَا سَنَسْتَدْرِجُهُم مِّنْ حَيْثُ لَا يَعْلَمُونَ ﴿١٨٢﴾

182. ਜਿਹੜੇ ਲੋਕ ਸਾਡੀਆਂ ਆਇਤਾਂ ਨੂੰ ਝੁਠਲਾਉਂਦੇ ਹਨ ਅਸੀਂ ਜ਼ਰੂਰ ਹੀ ਉਹਨਾਂ ਨੂੰ ਹੌਲੀ-ਹੌਲੀ ਆਪਣੀ ਪਕੜ ਵਿਚ ਇਸ ਲਈ ਜਾਂਦੇ ਹਨ ਕਿ ਉਹਨਾਂ ਨੂੰ ਪਤਾ ਵੀ ਨਾ ਚਲੇ।

وَأُمْلِى لَهُمْ ۚ إِنَّ كَيْدِى مَتِينٌ ﴿١٨٣﴾

183. ਅਤੇ ਮੈਂ ਇਹਨਾਂ (ਇਨਕਾਰੀਆਂ) ਨੂੰ ਮੋਹਲਤ ਦਿੰਦਾ ਹਾਂ, ਬੇਸ਼ੱਕ ਮੇਰੀ ਤਦਬੀਰ ਬਹੁਤ ਹੀ ਮਜ਼ਬੂਤ ਹੁੰਦੀ ਹੈ।

أَوَلَمْ يَتَفَكَّرُوا ۗ مَا بِصَاحِبِهِم مِّن جِنَّةٍ ۚ إِنْ هُوَ إِلَّا نَذِيرٌ مُّبِينٌ ﴿١٨٤﴾

184. ਕੀ ਉਹਨਾਂ (ਮੱਕੇ ਦੇ) ਲੋਕਾਂ ਨੇ ਇਸ ਗੱਲ 'ਤੇ ਉੱਕਾ ਹੀ ਵਿਚਾਰ ਨਹੀਂ ਕੀਤਾ ਕਿ ਉਹਨਾਂ ਦੇ ਸਾਥੀ (ਮੁਹੰਮਦ ਸ:) ਨੂੰ ਰਤਾ ਵੀ ਪਾਗਲਪਣ ਨਹੀਂ, ਉਹ ਤਾਂ ਕੇਵਲ (ਅੱਲਾਹ ਦੇ ਅਜ਼ਾਬ ਤੋਂ) ਸਾਫ਼-ਸਾਫ਼ ਡਰਾਉਣ ਵਾਲਾ ਹੈ।

أَوَلَمْ يَنظُرُوا فِى مَلَكُوتِ السَّمَٰوَٰتِ وَالْأَرْضِ وَمَا خَلَقَ اللَّهُ مِن شَىْءٍ وَأَنْ عَسَىٰٓ أَن يَكُونَ قَدِ اقْتَرَبَ أَجَلُهُمْ ۖ فَبِأَىِّ حَدِيثٍۭ بَعْدَهُۥ يُؤْمِنُونَ ﴿١٨٥﴾

185. ਕੀ ਉਹਨਾਂ ਨੇ ਅਕਾਸ਼ ਤੇ ਧਰਤੀ ਦੀ ਪਾਤਸ਼ਾਹੀ ਅਤੇ ਦੂਜੀਆਂ ਚੀਜ਼ਾਂ ਨੂੰ ਜਿਹੜੀਆਂ ਅੱਲਾਹ ਨੇ ਪੈਦਾ ਕੀਤੀਆਂ ਹਨ, ਨਹੀਂ ਵੇਖਿਆ ਅਤੇ ਇਸ ਗੱਲ ਲਈ ਵਿਚਾਰ ਨਹੀਂ ਕੀਤਾ ਕਿ ਹੋ ਸਕਦਾ ਹੈ ਕਿ ਉਹਨਾਂ ਦੀ ਮੌਤ ਨੇੜੇ ਹੀ ਆ ਲੱਗੀ ਹੋਵੇ? ਫੇਰ ਇਸ ਕ਼ੁਰਆਨ ਤੋਂ ਬਾਅਦ ਕਿਹੜੀ ਗੱਲ ਉੱਤੇ ਇਹ ਲੋਕ ਈਮਾਨ ਲਿਆਉਂਗੇ?

186. ਜਿਸ ਨੂੰ ਅੱਲਾਹ ਕੁਰਾਹੇ ਪਾ ਦੇਵੇ ਉਸ ਨੂੰ ਕੋਈ ਰਾਹ 'ਤੇ ਨਹੀਂ ਪਾ ਸਕਦਾ ਅਤੇ ਅੱਲਾਹ ਉਹਨਾਂ ਨੂੰ ਉਹਨਾਂ ਦੀ ਗੁਮਰਾਹੀ ਵਿਚ ਹੀ ਭਟਕਦਾ ਹੋਇਆ ਛੱਡ ਦਿੰਦਾ ਹੈ।

مَنْ يُضْلِلِ اللَّهُ فَلَا هَادِيَ لَهُ ۚ وَيَذَرُهُمْ 22
فِي طُغْيَانِهِمْ يَعْمَهُونَ ﴿١٨٦﴾

187. (ਹੇ ਨਬੀ ਸ:!) ਇਹ (ਕਾਫ਼ਿਰ) ਲੋਕ ਤੁਹਾਥੋਂ ਕਿਆਮਤ ਦੇ ਬਾਰੇ ਪੁੱਛਦੇ ਹਨ ਕਿ ਇਹ ਕਦੋਂ ਹੋਵੇਗੀ? ਤੁਸੀਂ ਆਖ ਦਿਓ ਕਿ ਇਸ ਦਾ ਗਿਆਨ ਤਾਂ ਕੇਵਲ ਮੇਰੇ ਰੱਬ ਦੇ ਕੋਲ ਹੀ ਹੈ। ਇਸ ਦੇ ਸਮੇਂ 'ਤੇ ਇਸ ਨੂੰ ਸਿਵਾਏ ਅੱਲਾਹ ਤੋਂ ਹੋਰ ਕੋਈ ਜ਼ਾਹਿਰ ਨਹੀਂ ਕਰੇਗਾ, ਉਹ (ਸਮਾਂ) ਅਕਾਸ਼ਾਂ ਤੇ ਧਰਤੀ ਵਿਚ ਬਹੁਤ ਵੱਡੀ (ਘਟਨਾ) ਹੋਵੇਗੀ। ਉਹ ਤੁਹਾਡੇ 'ਤੇ ਅਚਾਨਕ ਹੀ ਆ ਜਾਵੇਗੀ। ਉਹ (ਕਾਫ਼ਿਰ) (ਹੇ ਨਬੀ!) ਤੁਹਾਥੋਂ ਇਸ ਤਰ੍ਹਾਂ ਪੁੱਛਦੇ ਹਨ ਜਿਵੇਂ ਤੁਸੀਂ ਇਸ ਦੀ ਜਾਣਕਾਰੀ ਲੈ ਚੁੱਕੇ ਹੋ। ਤੁਸੀਂ ਆਖ ਦਿਓ ਕਿ ਇਸ ਦਾ ਗਿਆਨ ਤਾਂ ਅੱਲਾਹ ਦੇ ਕੋਲ ਹੀ ਹੈ ਪਰ ਬਥੇਰੇ ਲੋਕੀ ਨਹੀਂ ਜਾਣਦੇ।

يَسْأَلُونَكَ عَنِ السَّاعَةِ أَيَّانَ مُرْسَاهَا ۖ
قُلْ إِنَّمَا عِلْمُهَا عِنْدَ رَبِّي ۖ لَا يُجَلِّيهَا لِوَقْتِهَا
إِلَّا هُوَ ۚ ثَقُلَتْ فِي السَّمَاوَاتِ وَالْأَرْضِ ۚ
لَا تَأْتِيكُمْ إِلَّا بَغْتَةً ۗ يَسْأَلُونَكَ كَأَنَّكَ
حَفِيٌّ عَنْهَا ۖ قُلْ إِنَّمَا عِلْمُهَا عِنْدَ اللَّهِ
وَلَٰكِنَّ أَكْثَرَ النَّاسِ لَا يَعْلَمُونَ ﴿١٨٧﴾

188. (ਹੇ ਨਬੀ!) ਤੁਸੀਂ ਕਹਿ ਦਿਓ ਕਿ ਮੈਂ ਆਪ ਵੀ ਆਪਣੀ ਜ਼ਾਤ ਲਈ ਕਿਸੇ ਲਾਭ ਜਾਂ ਹਾਨੀ ਦਾ ਅਧਿਕਾਰ ਨਹੀਂ ਰੱਖਦਾ, ਪਰ ਹਾਂ, ਉੱਨਾ ਹੀ (ਅਧਿਕਾਰ) ਰੱਖਦਾ ਹਾਂ ਜਿੰਨਾ ਅੱਲਾਹ ਦੇਣਾ ਚਾਹੇ। ਜੇਕਰ ਮੈਂ ਗ਼ੈਬ ਦੀਆਂ ਗੱਲਾਂ ਜਾਣਦਾ ਹੁੰਦਾ ਤਾਂ ਮੈਂ ਕਿੰਨੇ ਹੀ ਲਾਭ ਪ੍ਰਾਪਤ ਕਰ ਲੈਂਦਾ ਅਤੇ ਨਾ ਹੀ ਮੈਨੂੰ ਕਦੇ ਕੋਈ ਨੁਕਸਾਨ ਹੁੰਦਾ। ਮੈਂ ਤਾਂ ਕੇਵਲ (ਨਰਕ ਦੀ ਅੱਗ ਤੋਂ) ਡਰਾਉਣ ਵਾਲਾ ਅਤੇ (ਜੰਨਤ ਦੀਆਂ) ਖ਼ੁਸ਼ਖ਼ਬਰੀਆਂ ਸੁਣਾਉਣ ਵਾਲਾ ਹਾਂ (ਉਹ ਵੀ ਉਹਨਾਂ ਨੂੰ) ਜਿਹੜੇ ਈਮਾਨ ਰੱਖਦੇ ਹਨ।

قُلْ لَا أَمْلِكُ لِنَفْسِي نَفْعًا وَلَا ضَرًّا إِلَّا مَا شَاءَ
اللَّهُ ۚ وَلَوْ كُنْتُ أَعْلَمُ الْغَيْبَ لَاسْتَكْثَرْتُ مِنَ
الْخَيْرِ وَمَا مَسَّنِيَ السُّوءُ ۚ إِنْ أَنَا إِلَّا نَذِيرٌ
وَبَشِيرٌ لِقَوْمٍ يُؤْمِنُونَ ﴿١٨٨﴾

189. ਉਹ ਅੱਲਾਹ ਹੀ ਤਾਂ ਹੈ ਕਿ ਜਿਸ ਨੇ ਤੁਹਾਨੂੰ (ਸਾਰੇ ਲੋਕਾਂ ਨੂੰ) ਇਕ ਜਾਨ ਤੋਂ ਪੈਦਾ ਕੀਤਾ ਅਤੇ ਫੇਰ ਉਸੇ (ਇਕ ਤੋਂ ਹੀ) ਉਸ ਦਾ ਜੋੜਾ ਬਣਾਇਆ ਤਾਂ ਜੋ ਉਹ ਆਪਣੇ ਜੋੜੇ (ਪਤਨੀ) ਤੋਂ ਸ਼ਾਂਤੀ ਲੈ ਸਕੇ। ਫੇਰ ਜਦੋਂ ਪਤੀ ਨੇ ਪਤਨੀ ਨਾਲ (ਸਰੀਰਿਕ) ਨੇੜਤਾ ਕੀਤੀ ਤਾਂ ਉਸ (ਪਤਨੀ) ਨੂੰ ਹੌਲਾ ਜਿਹਾ (ਗਰਭ) ਠਹਿਰ ਗਿਆ ਉਸ ਹਮਲ ਨੂੰ ਲੈ ਕੇ ਉਹ ਤੁਰਦੀ ਫਿਰਦੀ ਰਹੀ, ਜਦੋਂ ਉਹ ਗਰਭ ਨਾਲ ਭਾਰੀ ਹੋ ਗਈ ਤਾਂ ਦੋਵੇਂ ਪਤੀ ਪਤਨੀ (ਆਪਣੇ ਰੱਬ ਤੋਂ) ਦੁਆ ਕਰਨ ਲੱਗੇ ਕਿ (ਹੇ ਅੱਲਾਹ!) ਜੇ ਤੈਨੇ ਸਾਨੂੰ ਸਵਸਥ ਔਲਾਦ ਦਿੱਤੀ ਤਾਂ ਅਸੀਂ ਤੇਰੇ ਧੰਨਵਾਦੀ ਹੋਵਾਂਗੇ।

هُوَ الَّذِي خَلَقَكُم مِّن نَّفْسٍ وَاحِدَةٍ وَجَعَلَ مِنْهَا زَوْجَهَا لِيَسْكُنَ إِلَيْهَا ۖ فَلَمَّا تَغَشَّاهَا حَمَلَتْ حَمْلًا خَفِيفًا فَمَرَّتْ بِهِ ۖ فَلَمَّا أَثْقَلَت دَّعَوَا اللَّهَ رَبَّهُمَا لَئِنْ آتَيْتَنَا صَالِحًا لَّنَكُونَنَّ مِنَ الشَّاكِرِينَ ﴿١٨٩﴾

190. ਜਦੋਂ ਉਹਨਾਂ ਨੂੰ ਸਹੀ ਸਲਾਮਤ ਔਲਾਦ ਬਖ਼ਸ਼ ਦਿੱਤੀ ਤਾਂ ਉਹ ਦੋਵੇਂ (ਇਸ ਬੱਚੇ ਦੀ ਦਾਤ ਵਿਚ) ਹੋਰਾਂ ਨੂੰ ਸ਼ਰੀਕ ਕਰਨ ਲੱਗ ਪਏ ਜਦੋਂ ਕਿ ਅੱਲਾਹ ਉਹਨਾਂ ਦੇ ਸ਼ਿਰਕ ਤੋਂ ਬਹੁਤ ਉੱਚਾ ਹੈ।

فَلَمَّا آتَاهُمَا صَالِحًا جَعَلَا لَهُ شُرَكَاءَ فِيمَا آتَاهُمَا ۚ فَتَعَالَى اللَّهُ عَمَّا يُشْرِكُونَ ﴿١٩٠﴾

191. ਕੀ ਉਹ ਅਜਿਹਾਂ ਨੂੰ (ਅੱਲਾਹ ਦਾ) ਸ਼ਰੀਕ ਜਾਪਦੇ ਹਨ ਜਿਹੜੇ ਕਿਸੇ ਵੀ ਚੀਜ਼ ਨੂੰ ਪੈਦਾ ਨਹੀਂ ਕਰ ਸਕਦੇ? ਸਗੋਂ ਉਹ ਵੀ ਪੈਦਾ ਕੀਤੇ ਗਏ ਹਨ।

أَيُشْرِكُونَ مَا لَا يَخْلُقُ شَيْئًا وَهُمْ يُخْلَقُونَ ﴿١٩١﴾

192. ਉਹ (ਝੂਠੇ ਇਸ਼ਟ) ਉਹਨਾਂ ਦੀ ਕਿਸੇ ਤਰ੍ਹਾਂ ਦੀ ਵੀ ਮਦਦ ਨਹੀਂ ਕਰ ਸਕਦੇ, ਉਹ ਤਾਂ ਆਪਣੀ ਵੀ ਮਦਦ ਨਹੀਂ ਕਰ ਸਕਦੇ।

وَلَا يَسْتَطِيعُونَ لَهُمْ نَصْرًا وَلَا أَنفُسَهُمْ يَنصُرُونَ ﴿١٩٢﴾

193. ਜੇ ਤੁਸੀਂ ਉਹਨਾਂ ਨੂੰ ਹਿਦਾਇਤ ਵੱਲ ਸੱਦੋ ਤਾਂ ਤੁਹਾਡੇ ਕਹਿਣ 'ਤੇ ਨਹੀਂ ਚੱਲਣਗੇ। ਭਾਵੇਂ ਤੁਸੀਂ ਉਹਨਾਂ ਨੂੰ ਪੁਕਾਰੋ ਜਾਂ ਚੁੱਪ ਰਹੋ, ਤੁਹਾਡੇ ਲਈ ਦੋਵੇਂ ਬਰਾਬਰ ਹਨ।

وَإِن تَدْعُوهُمْ إِلَى الْهُدَىٰ لَا يَتَّبِعُوكُمْ ۚ سَوَاءٌ عَلَيْكُمْ أَدَعَوْتُمُوهُمْ أَمْ أَنتُمْ صَامِتُونَ ﴿١٩٣﴾

194. ਹੇ ਮੁਸ਼ਰਿਕੋ! ਤੁਸੀਂ ਅੱਲਾਹ ਨੂੰ ਛੱਡ ਕੇ ਜਿਨ੍ਹਾਂ ਦੀ ਵੀ ਇਬਾਦਤ ਕਰਦੇ ਹੋ ਉਹ ਵੀ ਤੁਹਾਡੇ ਵਾਂਗ ਬੰਦੇ ਹੀ ਹਨ। ਜਦੋਂ ਤੁਸੀਂ ਉਹਨਾਂ ਨੂੰ ਪੁਕਾਰਦੇ ਹੋ, ਉਹਨਾਂ ਨੂੰ ਚਾਹੀਦਾ ਹੈ ਕਿ ਤੁਹਾਡੀ ਪੁਕਾਰ ਦਾ ਜਵਾਬ ਦੇਣ, ਜੇ ਤੁਸੀਂ ਸੱਚੇ ਹੋ।

إِنَّ الَّذِينَ تَدْعُونَ مِن دُونِ اللَّهِ عِبَادٌ أَمْثَالُكُمْ فَادْعُوهُمْ فَلْيَسْتَجِيبُوا لَكُمْ إِن كُنتُمْ صَادِقِينَ (١٩٤)

195. ਕੀ ਉਹਨਾਂ ਦੇ ਪੈਰ ਹਨ ਜਿਨ੍ਹਾਂ ਤੋਂ ਉਹ ਚਲਦੇ ਹਨ, ਕੀ ਉਹਨਾਂ ਦੇ ਹੱਥ ਹਨ ਜਿਨ੍ਹਾਂ ਤੋਂ ਉਹ ਕਿਸੇ ਚੀਜ਼ ਨੂੰ ਫੜਦੇ ਹਨ ਜਾਂ ਉਹਨਾਂ ਦੀਆਂ ਅੱਖਾਂ ਹਨ ਜਿਨ੍ਹਾਂ ਤੋਂ ਉਹ ਵੇਖਦੇ ਹਨ ਜਾਂ ਉਹਨਾਂ ਦੇ ਕੰਨ ਹਨ ਜਿਨ੍ਹਾਂ ਤੋਂ ਉਹ ਸੁਣਦੇ ਹਨ। ਤੁਸੀਂ (ਹੇ ਨਬੀ!) ਇਹਨਾਂ ਨੂੰ ਆਖੋ ਕਿ ਤੁਸੀਂ ਸਾਰੇ ਆਪਣੇ ਥਾਪੇ ਹੋਏ ਸ਼ਰੀਕਾਂ ਨੂੰ (ਮਦਦ ਲਈ) ਬੁਲਾ ਲਵੋ ਫੇਰ ਮੇਰੇ ਵਿਰੁੱਧ ਦਾਓ ਖੇਡੋ, ਮੈਨੂੰ ਕੁੱਝ ਵੀ ਢਿੱਲ ਨਾ ਦਿਓ। (ਫੇਰ ਵੇਖੋ ਕਿ ਉਹ ਮੇਰਾ ਕੀ ਵਿਗਾੜਦੇ ਹਨ)

أَلَهُمْ أَرْجُلٌ يَمْشُونَ بِهَا ۖ أَمْ لَهُمْ أَيْدٍ يَبْطِشُونَ بِهَا ۖ أَمْ لَهُمْ أَعْيُنٌ يُبْصِرُونَ بِهَا ۖ أَمْ لَهُمْ آذَانٌ يَسْمَعُونَ بِهَا ۗ قُلِ ادْعُوا شُرَكَاءَكُمْ ثُمَّ كِيدُونِ فَلَا تُنظِرُونِ (١٩٥)

196. ਬੇਸ਼ੱਕ ਮੇਰਾ ਮਦਦਗਾਰ ਅੱਲਾਹ ਹੈ ਜਿਸ ਨੇ ਇਹ ਕਿਤਾਬ (ਕੁਰਆਨ) ਨਾਜ਼ਿਲ ਕੀਤੀ ਹੈ ਉਹੀਓ ਨੇਕ ਬੰਦਿਆਂ ਦੀ ਮਦਦ ਕਰਦਾ ਹੈ।

إِنَّ وَلِيِّيَ اللَّهُ الَّذِي نَزَّلَ الْكِتَابَ ۖ وَهُوَ يَتَوَلَّى الصَّالِحِينَ (١٩٦)

197. ਤੁਸੀਂ ਜਿਨ੍ਹਾਂ ਲੋਕਾਂ ਦੀ ਇਬਾਦਤ ਅੱਲਾਹ ਨੂੰ ਛੱਡ ਕੇ ਕਰਦੇ ਹੋ ਉਹ ਤੁਹਾਡੀ ਕੁੱਝ ਵੀ ਮਦਦ ਨਹੀਂ ਕਰ ਸਕਦੇ ਨਾ ਹੀ ਉਹ ਆਪਣੀ ਮਦਦ ਕਰ ਸਕਦੇ ਹਨ।

وَالَّذِينَ تَدْعُونَ مِن دُونِهِ لَا يَسْتَطِيعُونَ نَصْرَكُمْ وَلَا أَنفُسَهُمْ يَنصُرُونَ (١٩٧)

198. ਜੇ ਤੁਸੀਂ ਉਹਨਾਂ ਨੂੰ ਹਿਦਾਇਤ ਵੱਲ ਪੁਕਾਰੋ ਤਾਂ ਸੁਣ ਨਹੀਂ ਸਕਦੇ (ਹੇ ਨਬੀ!) ਤੁਸੀਂ ਉਹਨਾਂ ਨੂੰ ਇੰਜ ਵੇਖਦੇ ਹੋ ਜਿਵੇਂ ਉਹ ਤੁਹਾਨੂੰ ਵੇਖ ਰਹੇ ਹਨ ਜਦ ਕਿ ਉਹ ਕੁੱਝ ਵੀ ਨਹੀਂ ਵੇਖਦੇ।

وَإِن تَدْعُوهُمْ إِلَى الْهُدَىٰ لَا يَسْمَعُوا ۖ وَتَرَاهُمْ يَنظُرُونَ إِلَيْكَ وَهُمْ لَا يُبْصِرُونَ (١٩٨)

199. (ਹੇ ਨਬੀ!) ਤੁਸੀਂ (ਇਹਨਾਂ ਮੱਕੇ ਵਾਲਿਆਂ ਨਾਲ) ਨਰਮੀ ਤੇ ਖਿਮਾ ਦੀ ਨੀਤੀ ਆਪਣਾਓ,

خُذِ الْعَفْوَ وَأْمُرْ بِالْعُرْفِ وَأَعْرِضْ عَنِ الْجَاهِلِينَ (١٩٩)

ਚੰਗੇ ਕੰਮਾਂ ਦੀ ਸਿੱਖਿਆ ਦਿਓ ਅਤੇ ਜਾਹਲਾਂ ਤੋਂ ਦੂਰ ਰਹੋ।

وَإِمَّا يَنزَغَنَّكَ مِنَ الشَّيْطَانِ نَزْغٌ فَاسْتَعِذْ بِاللَّهِ ۚ إِنَّهُ سَمِيعٌ عَلِيمٌ (200)

200. ਜੇ ਤੁਹਾਨੂੰ ਕੋਈ ਵਿਚਾਰ ਸ਼ੈਤਾਨ ਵੱਲੋਂ ਆਵੇ ਤਾਂ ਅੱਲਾਹ ਤੋਂ ਸ਼ਰਨ ਮੰਗੋ, ਬੇਸ਼ੱਕ ਉਹੀਓ ਭਲੀ-ਭਾਂਤ ਸੁਣਨ ਵਾਲਾ ਅਤੇ ਜਾਣਨ ਵਾਲਾ ਹੈ।

إِنَّ الَّذِينَ اتَّقَوْا إِذَا مَسَّهُمْ طَائِفٌ مِّنَ الشَّيْطَانِ تَذَكَّرُوا فَإِذَا هُم مُّبْصِرُونَ (201)

201. ਜਿਹੜੇ ਲੋਕੀ ਰੱਬ ਤੋਂ ਡਰਨ ਵਾਲੇ ਹਨ ਜਦੋਂ ਵੀ ਉਹਨਾਂ ਨੂੰ ਸ਼ੈਤਾਨ ਵੱਲੋਂ ਕੋਈ ਭੈੜਾ ਵਿਚਾਰ ਆਉਂਦਾ ਹੈ ਤਾਂ ਉਹ ਝੱਟ ਚੌਕੰਨੇ ਹੋ ਜਾਂਦੇ ਹਨ ਤਾਂ ਉਹਨਾਂ ਦੀ ਅੱਖਾਂ ਖੁਲ੍ਹ ਜਾਂਦੀਆਂ ਹਨ।

وَإِخْوَانُهُمْ يَمُدُّونَهُمْ فِي الْغَيِّ ثُمَّ لَا يُقْصِرُونَ (202)

202. ਉਹਨਾਂ (ਮੁਸ਼ਰਿਕਾਂ) ਦਾ ਭਰਾ ਸ਼ੈਤਾਨ ਉਹਨਾਂ ਨੂੰ ਕੁਰਾਹੇ ਵੱਲ ਧੂਹੀਂ ਲਈ ਜਾਂਦਾ ਹੈ ਅਤੇ ਇਸ ਵਿਚ ਕੋਈ ਕਸਰ ਨਹੀਂ ਛੱਡਦਾ।

وَإِذَا لَمْ تَأْتِهِم بِآيَةٍ قَالُوا لَوْلَا اجْتَبَيْتَهَا ۚ قُلْ إِنَّمَا أَتَّبِعُ مَا يُوحَىٰ إِلَيَّ مِن رَّبِّي ۚ هَٰذَا بَصَائِرُ مِن رَّبِّكُمْ وَهُدًى وَرَحْمَةٌ لِّقَوْمٍ يُؤْمِنُونَ (203)

203. ਜਦੋਂ ਤੁਸੀਂ (ਹੇ ਨਬੀ!) ਇਹਨਾਂ ਦੇ ਸਾਹਮਣੇ ਕੋਈ ਮੁਅਜਜ਼ਾ (ਨਿਸ਼ਾਨੀ ਜਾਂ ਚਮਤਕਾਰ) ਪੇਸ਼ ਨਹੀਂ ਕਰਦੇ ਤਾਂ ਆਖਦੇ ਹਨ ਕਿ ਤੁਸੀਂ ਆਪਣੇ ਲਈ ਮੁਅਜਜ਼ਾ ਕਿਉਂ ਨਹੀਂ ਲਿਆਏ?[1] ਤੁਸੀਂ ਆਖ ਦਿਓ ਕਿ ਮੈਂ ਤਾਂ ਕੇਵਲ ਉਸੇ ਵਹੀ ਦੀ ਪੈਰਵੀ ਕਰਦਾ ਹਾਂ ਜਿਹੜੀ ਮੇਰੇ ਰੱਬ ਨੇ ਮੇਰੇ ਵੱਲ ਭੇਜੀ ਹੈ। ਇਹ (ਕੁਰਆਨ) ਬਹੁਤ ਵੱਡੀ ਦਲੀਲ ਹੈ ਤੁਹਾਡੇ ਰੱਬ ਵੱਲੋਂ, ਅਤੇ ਰਹਿਮਤ ਹੈ ਉਹਨਾਂ ਲੋਕਾਂ ਲਈ ਜਿਹੜੇ ਈਮਾਨ ਰੱਖਦੇ ਹਨ।

---

[1] ਇਕ ਵਾਰ ਨਬੀ (ਸ:) ਨੇ ਮੱਕੇ ਵਾਲਿਆਂ ਨੂੰ ਉਹਨਾਂ ਦੇ ਮੰਗ ਕਰਨ 'ਤੇ ਇਕ ਅਹਿਮ ਮੁਅਜਜ਼ਾ ਵਿਖਾਇਆ। ਅਨਸ ਬਿਨ ਮਾਲਿਕ ਤੋਂ ਪਤਾ ਲੱਗਦਾ ਹੈ ਨਬੀ (ਸ:) ਨੇ ਮੱਕੇ ਵਾਲਿਆਂ ਨੇ ਕਿਸੇ ਨਿਸ਼ਾਨੀ ਦੀ ਮੰਗ ਕੀਤੀ ਤਾਂ ਆਪ ਨੇ ਉਹਨਾਂ ਨੂੰ ਚੰਨ ਦੇ ਟੋਟੇ ਹੁੰਦੇ ਵਿਖਾਇਆ (ਸਹੀ ਬੁਖ਼ਾਰੀ, ਹਦੀਸ: 3637) ਪਰੰਤੂ ਇਸ ਦਾ ਕੋਈ ਵੀ ਲਾਭ ਨਾ ਹੋਇਆ ਇਸੇ ਲਈ ਅੱਲਾਹ ਕਾਫ਼ਿਰਾਂ ਦੀ ਮੰਗ ਕਰਨ 'ਤੇ ਮੁਅਜਜ਼ੇ ਨਹੀਂ ਵਿਖਾਉਂਦਾ ਸਗੋਂ ਉਸ ਸਮੇਂ ਮੁਅਜਜ਼ੇ ਪ੍ਰਗਟ ਕਰਦਾ ਹੈ ਜਦੋਂ ਅੱਲਾਹ ਚਾਹੁੰਦਾ ਹੈ।

204. (ਹੇ ਮੋਮਿਨੋ!) ਜਦੋਂ ਕੁਰਆਨ ਪੜ੍ਹਿਆ ਜਾਵੇ ਤਾਂ ਉਸ ਨੂੰ ਕੰਨ ਲਾ ਕੇ (ਧਿਆਨ ਨਾਲ) ਸੁਣੋ ਅਤੇ ਚੁੱਪ ਰਹੋ। ਆਸ ਹੈ ਕਿ ਤੁਹਾਡੇ 'ਤੇ ਰਹਿਮਤਾਂ ਹੋਣਗੀਆਂ।

وَإِذَا قُرِئَ الْقُرْآنُ فَاسْتَمِعُوا لَهُ وَأَنصِتُوا لَعَلَّكُمْ تُرْحَمُونَ ﴿٢٠٤﴾

205. ਹੇ ਨਬੀ! ਆਪਣੇ ਪਾਲਣਹਾਰ ਨੂੰ ਆਪਣੇ ਦਿਲ ਵਿਚ ਨਿਮਰਤਾ ਸਹਿਤ, ਡਰਦੇ ਹੋਏ, ਹੌਲੀ ਹੌਲੀ ਸਵੇਰੇ ਸ਼ਾਮ ਯਾਦ ਕਰੋ[1] ਅਤੇ ਗ਼ਫ਼ਲਤ ਵਿਚ (ਬੇਪਰਵਾਹ) ਪਏ ਲੋਕਾਂ ਵਿਚ ਨਾ ਹੋ ਜਾਣਾ।

وَاذْكُر رَّبَّكَ فِي نَفْسِكَ تَضَرُّعًا وَخِيفَةً وَدُونَ الْجَهْرِ مِنَ الْقَوْلِ بِالْغُدُوِّ وَالْآصَالِ وَلَا تَكُن مِّنَ الْغَافِلِينَ ﴿٢٠٥﴾

206. ਜਿਹੜੇ ਫ਼ਰਿਸ਼ਤੇ ਤੁਹਾਡੇ ਰੱਬ ਦੇ ਨਜ਼ਦੀਕ ਹਨ ਉਹ ਉਸ ਦੀ ਇਬਾਦਤ ਤੋਂ ਤਕੱਬਰ (ਘਮੰਡ) ਨਹੀਂ ਕਰਦੇ ਅਤੇ ਉਸ ਦੀ ਪਾਕੀ ਬਿਆਨ ਕਰਦੇ ਹਨ ਅਤੇ ਉਸੇ ਨੂੰ ਸਿਜਦਾ ਕਰਦੇ ਹਨ।

إِنَّ الَّذِينَ عِندَ رَبِّكَ لَا يَسْتَكْبِرُونَ عَنْ عِبَادَتِهِ وَيُسَبِّحُونَهُ وَلَهُ يَسْجُدُونَ ﴿٢٠٦﴾

8. ਸੂਰਤ ਅਲ-ਅਨਫ਼ਾਲ (ਮਦਨੀ-88)

سُورَةُ الْأَنْفَالِ

(ਆਇਤਾਂ 75, ਰੁਕੂਅ 10)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. (ਹੇ ਨਬੀ!) ਇਹ ਲੋਕ ਤੁਹਾਥੋਂ ਮਾਲੇ ਗ਼ਨੀਮਤ (ਜੰਗ ਵਿਚ ਪ੍ਰਾਪਤ ਹੋਣ ਵਾਲੇ ਧਨ-ਪਦਾਰਥਾਂ) ਦੇ ਸੰਬੰਧ ਵਿਚ ਪੁੱਛਦੇ ਹਨ। ਤੁਸੀਂ ਆਖ ਦਿਓ ਕਿ ਇਹ ਮਾਲੇ-ਗ਼ਨੀਮਤ ਅੱਲਾਹ ਅਤੇ ਉਸ ਦੇ ਰਸੂਲ (ਮੁਹੰਮਦ ਸ:) ਦਾ ਹੈ। ਸੋ ਤੁਸੀਂ ਅੱਲਾਹ ਤੋਂ ਡਰੋ ਅਤੇ ਆਪੋ ਵਿਚਾਲੇ ਸੰਬੰਧਾਂ ਨੂੰ ਸੁਧਾਰੋ। ਅੱਲਾਹ ਅਤੇ ਉਸ ਦੇ ਰਸੂਲ ਦੀ ਆਗਿਆ ਦਾ ਪਾਲਣ ਕਰੋ ਜੇ ਤੁਸੀਂ (ਸੱਚੇ) ਈਮਾਨ ਵਾਲੇ ਹੋ।

يَسْأَلُونَكَ عَنِ الْأَنفَالِ ۖ قُلِ الْأَنفَالُ لِلَّهِ وَالرَّسُولِ ۖ فَاتَّقُوا اللَّهَ وَأَصْلِحُوا ذَاتَ بَيْنِكُمْ ۖ وَأَطِيعُوا اللَّهَ وَرَسُولَهُ إِن كُنتُم مُّؤْمِنِينَ ﴿١﴾

---

[1] ਕਿਉਂ ਜੋ ਅੱਲਾਹ ਨੂੰ ਚੇਤੇ ਰੱਖਣ ਨਾਲ ਹੀ ਮਨ ਨੂੰ ਸ਼ਾਂਤੀ ਮਿਲਦੀ ਹੈ।

2. (ਸੱਚੇ) ਈਮਾਨ ਵਾਲੇ ਤਾਂ ਉਹ ਲੋਕ ਹਨ ਕਿ ਜਦੋਂ ਉਹ ਅੱਲਾਹ ਦਾ ਜ਼ਿਕਰ ਸੁਣਦੇ ਹਨ ਤਾਂ ਉਹਨਾਂ ਦੇ ਦਿਲ ਕੰਬ ਜਾਂਦੇ ਹਨ ਅਤੇ ਜਦੋਂ ਉਹਨਾਂ ਨੂੰ ਅੱਲਾਹ ਦੀਆਂ ਆਇਤਾਂ ਸੁਣਾਈਆਂ ਜਾਂਦੀਆਂ ਹਨ ਤਾਂ ਉਹ ਆਇਤਾਂ ਉਹਨਾਂ ਦੇ ਈਮਾਨ ਵਿਚ ਹੋਰ ਵਾਧਾ ਕਰ ਦਿੰਦੀਆਂ ਹਨ। ਉਹਨਾਂ ਦਾ ਭਰੋਸਾ ਆਪਣੇ ਪਾਲਣਹਾਰ 'ਤੇ ਹੀ ਹੈ।

إِنَّمَا الْمُؤْمِنُونَ الَّذِينَ إِذَا ذُكِرَ اللَّهُ وَجِلَتْ
قُلُوبُهُمْ وَإِذَا تُلِيَتْ عَلَيْهِمْ آيَاتُهُ زَادَتْهُمْ
إِيمَانًا وَعَلَىٰ رَبِّهِمْ يَتَوَكَّلُونَ ﴿٢﴾

3. ਜਿਹੜੇ ਲੋਕ ਨਮਾਜ਼ਾਂ ਦੀ ਪਾਬੰਦੀ ਕਰਦੇ ਹਨ ਅਤੇ ਜੋ ਵੀ ਰਿਜ਼ਕ (ਧਨ ਪਦਾਰਥ) ਅਸੀਂ ਉਹਨਾਂ ਨੂੰ ਦੇ ਰੱਖਿਆ ਹੈ ਉਸ ਵਿੱਚੋਂ (ਅੱਲਾਹ ਦੇ ਰਾਹ ਵਿਚ) ਖ਼ਰਚ ਕਰਦੇ ਹਨ।

الَّذِينَ يُقِيمُونَ الصَّلَاةَ وَمِمَّا رَزَقْنَاهُمْ
يُنفِقُونَ ﴿٣﴾

4. ਅਜਿਹੇ ਲੋਕ ਹੀ ਸੱਚੇ ਈਮਾਨ ਵਾਲੇ ਹਨ। ਉਹਨਾਂ ਲਈ ਉਹਨਾਂ ਦੇ ਰੱਬ ਦੇ ਕੋਲ ਵੱਡੇ ਉੱਚੇ ਦਰਜੇ ਹਨ ਅਤੇ (ਭੁੱਲਾਂ ਦੀ) ਮੁਆਫ਼ੀ ਤੇ ਇੱਜ਼ਤ ਵਾਲੀ ਰੋਜ਼ੀ ਹੈ।

أُولَٰئِكَ هُمُ الْمُؤْمِنُونَ حَقًّا ۚ لَّهُمْ دَرَجَاتٌ
عِندَ رَبِّهِمْ وَمَغْفِرَةٌ وَرِزْقٌ كَرِيمٌ ﴿٤﴾

5. (ਹੇ ਨਬੀ! ਯਾਦ ਕਰੋ ਜਦੋਂ ਬਦਰ ਦੀ ਜੰਗ ਸਮੇਂ) ਤੁਹਾਡੇ ਰੱਬ ਨੇ ਤੁਹਾਨੂੰ ਹੱਕ ਸੱਚ ਨਾਲ ਘਰੋਂ (ਮਦੀਨੇ ਤੋਂ) ਤੋਰਿਆ ਸੀ। ਬੇਸ਼ੱਕ ਉਸ ਸਮੇਂ ਮੁਸਲਮਾਨਾਂ ਦੀ ਹੀ ਇਕ ਟੋਲੀ ਇਸ ਨਿਕਲਣ ਨੂੰ ਪਸੰਦ ਨਹੀਂ ਸੀ ਕਰਦੀ।

كَمَا أَخْرَجَكَ رَبُّكَ مِن بَيْتِكَ بِالْحَقِّ
وَإِنَّ فَرِيقًا مِّنَ الْمُؤْمِنِينَ لَكَارِهُونَ ﴿٥﴾

6. ਉਹ ਉਸ ਹੱਕ ਦੇ ਮਾਮਲੇ 'ਚ ਇਸ ਦੇ ਸਪਸ਼ਟ ਹੋਣ ਤੋਂ ਬਾਅਦ ਵੀ ਤੁਹਾਡੇ ਨਾਲ ਝਗੜ ਰਹੇ ਸਨ। ਉਹ ਇੰਜ ਸਮਝਦੇ ਸਨ ਕਿ ਜਿਵੇਂ ਉਹਨਾਂ ਨੂੰ ਮੌਤ ਵੱਲ ਧੱਕਿਆ ਜਾ ਰਿਹਾ ਹੋਵੇ ਅਤੇ ਉਹ (ਮੌਤ ਨੂੰ) ਵੇਖ ਰਹੇ ਹਨ।

يُجَادِلُونَكَ فِي الْحَقِّ بَعْدَمَا تَبَيَّنَ كَأَنَّمَا
يُسَاقُونَ إِلَى الْمَوْتِ وَهُمْ يَنظُرُونَ ﴿٦﴾

7. (ਹੇ ਈਮਾਨ ਵਾਲਿਓ! ਯਾਦ ਕਰੋ) ਜਦੋਂ ਅੱਲਾਹ ਤੁਹਾਡੇ ਨਾਲ (ਕਾਫ਼ਿਰਾਂ ਦੀਆਂ) ਦੋਵਾਂ ਟੋਲੀਆਂ ਵਿੱਚੋਂ ਇਕ ਦੇ ਮਿਲਣ ਦਾ ਵਾਅਦਾ ਕਰ ਰਿਹਾ ਸੀ ਕਿ ਇਹ ਬੇਸ਼ਕ ਤੁਹਾਡੇ ਲਈ ਹੈ, ਪਰ ਤੁਸੀਂ ਇਹ ਚਾਹੁੰਦੇ ਸੀ ਕਿ ਬਿਨਾਂ ਹਥਿਆਰੋਂ ਟੋਲੀ (ਤਜਾਰਤੀ ਕਾਫ਼ਲਾ) ਹੀ ਤੁਹਾਡੇ ਹੱਥ ਆਵੇ ਜਦ ਕਿ ਅੱਲਾਹ ਇਹ ਚਾਹੁੰਦਾ ਸੀ ਕਿ ਉਹ ਆਪਣੇ ਫ਼ਰਮਾਨਾਂ ਦੁਆਰਾ ਹੱਕ ਨੂੰ ਸੱਚ ਸਿੱਧ ਕਰ ਵਿਖਾਵੇ ਅਤੇ ਕਾਫ਼ਿਰਾਂ ਦੀ ਜੜ੍ਹ ਵੱਢ ਸੁੱਟੇ।

وَإِذْ يَعِدُكُمُ اللَّهُ إِحْدَى الطَّائِفَتَيْنِ أَنَّهَا لَكُمْ وَتَوَدُّونَ أَنَّ غَيْرَ ذَاتِ الشَّوْكَةِ تَكُونُ لَكُمْ وَيُرِيدُ اللَّهُ أَنْ يُحِقَّ الْحَقَّ بِكَلِمَاتِهِ وَيَقْطَعَ دَابِرَ الْكَافِرِينَ ﴿٧﴾

8. ਤਾਂ ਜੋ ਹੱਕ ਹੱਕ ਹੋਕੇ ਰਹੇ ਅਤੇ ਝੂਠ ਝੂਠ ਹੋਕੇ ਰਹੇ, ਭਾਵੇਂ ਅਪਰਾਧੀ ਇਸ ਨੂੰ ਕਿੰਨਾ ਹੀ ਨਾਪਸੰਦ ਕਰਦੇ ਹੋਣ।

لِيُحِقَّ الْحَقَّ وَيُبْطِلَ الْبَاطِلَ وَلَوْ كَرِهَ الْمُجْرِمُونَ ﴿٨﴾

9. (ਹੇ ਮੋਮਿਨੋ! ਉਸ ਸਮੇਂ ਨੂੰ ਯਾਦ ਕਰੋ) ਜਦੋਂ ਤੁਸੀਂ ਆਪਣੇ ਰੱਬ ਤੋਂ ਬੇਨਤੀਆਂ ਕਰ ਰਹੇ ਸੀ, ਫੇਰ ਅੱਲਾਹ ਨੇ ਤੁਹਾਡੀ (ਬੇਨਤੀ) ਸੁਣ ਲਈ (ਅਤੇ ਕਿਹਾ ਕਿ) ਬੇਸ਼ੱਕ ਮੈਂ ਉੱਪਰ-ਥੱਲੇ ਆਉਣ ਵਾਲੇ ਇਕ ਹਜ਼ਾਰ ਫ਼ਰਿਸ਼ਤਿਆਂ ਨਾਲ ਤੁਹਾਡੀ ਸਹਾਇਤਾ ਕਰਾਂਗਾ।

إِذْ تَسْتَغِيثُونَ رَبَّكُمْ فَاسْتَجَابَ لَكُمْ أَنِّي مُمِدُّكُمْ بِأَلْفٍ مِنَ الْمَلَائِكَةِ مُرْدِفِينَ ﴿٩﴾

10. ਇਸ (ਸੂਚਨਾ) ਨੂੰ ਅੱਲਾਹ ਨੇ ਖ਼ੁਸ਼ਖ਼ਬਰੀ ਬਣਾ ਦਿੱਤਾ ਤਾਂ ਜੋ ਇਸ ਨਾਲ ਤੁਹਾਡੇ ਦਿਲ ਸੰਤੁਸ਼ਟ ਹੋ ਜਾਣ। ਮਦਦ ਤਾਂ ਅੱਲਾਹ ਵੱਲੋਂ ਹੀ ਹੁੰਦੀ ਹੈ, ਨਿਰਸੰਦੇਹ, ਅੱਲਾਹ ਵੱਡਾ ਜ਼ੋਰਾਵਰ ਤੇ ਸਿਆਣਾ ਹੈ।

وَمَا جَعَلَهُ اللَّهُ إِلَّا بُشْرَى وَلِتَطْمَئِنَّ بِهِ قُلُوبُكُمْ وَمَا النَّصْرُ إِلَّا مِنْ عِنْدِ اللَّهِ إِنَّ اللَّهَ عَزِيزٌ حَكِيمٌ ﴿١٠﴾

11. ਰਤਾ ਉਸ ਵੇਲੇ ਨੂੰ ਵੀ ਯਾਦ ਕਰੋ ਜਦੋਂ ਉਸ (ਅੱਲਾਹ) ਨੇ ਆਪਣੇ ਵੱਲੋਂ ਤੁਹਾਨੂੰ ਅਮਨ ਸ਼ਾਂਤੀ ਦੇਣ ਲਈ ਤੁਹਾਡੇ 'ਤੇ ਊਂਘ ਉਤਾਰੀ ਅਤੇ ਤੁਹਾਡੇ 'ਤੇ ਅਕਾਸ਼ ਤੋਂ ਪਾਣੀ (ਮੀਂਹ) ਬਰਸਾਇਆ, ਤਾਂ ਜੋ ਇਸ ਪਾਣੀ (ਮੀਂਹ) ਰਾਹੀਂ ਤੁਹਾਨੂੰ ਪਵਿੱਤਰ ਕਰ ਦੇਵੇ ਅਤੇ ਸ਼ੈਤਾਨ ਦੀ ਪਾਈ ਹੋਈ (ਭੈੜੇ ਵਿਚਾਰਾਂ ਦੀ) ਗੰਦਗੀ ਤੋਂ ਤੁਹਾਨੂੰ ਛੁਟਕਾਰਾ ਦੇਵੇ ਅਤੇ

إِذْ يُغَشِّيكُمُ النُّعَاسَ أَمَنَةً مِنْهُ وَيُنَزِّلُ عَلَيْكُمْ مِنَ السَّمَاءِ مَاءً لِيُطَهِّرَكُمْ بِهِ وَيُذْهِبَ عَنْكُمْ رِجْزَ الشَّيْطَانِ وَلِيَرْبِطَ عَلَى قُلُوبِكُمْ وَيُثَبِّتَ بِهِ الْأَقْدَامَ ﴿١١﴾

ਤੁਹਾਡੇ ਦਿਲਾਂ ਨੂੰ ਮਜ਼ਬੂਤ ਕਰੇ (ਭਾਵ ਹਿੰਮਤ ਹੌਸਲਾ ਦੇਵੇ) ਅਤੇ ਤਾਂ ਜੋ ਤੁਹਾਡੇ ਪੈਰ ਜਮਾ ਦੇਵੇ।

إِذْ يُوحِي رَبُّكَ إِلَى الْمَلَائِكَةِ أَنِّي مَعَكُمْ فَثَبِّتُوا الَّذِينَ آمَنُوا سَأُلْقِي فِي قُلُوبِ الَّذِينَ كَفَرُوا الرُّعْبَ فَاضْرِبُوا فَوْقَ الْأَعْنَاقِ وَاضْرِبُوا مِنْهُمْ كُلَّ بَنَانٍ ﴿١٢﴾

12. (ਹੇ ਨਬੀ! ਉਸ ਸਮੇਂ ਨੂੰ ਯਾਦ ਕਰੋ) ਜਦੋਂ ਤੁਹਾਡਾ ਰੱਬ ਫ਼ਰਿਸ਼ਤਿਆਂ ਵੱਲ ਵਹੀ ਘੱਲ ਰਿਹਾ ਸੀ ਕਿ ਬੇਸ਼ੱਕ ਮੈਂ ਤੁਹਾਡੇ ਅੰਗ-ਸੰਗ ਹਾਂ, ਤੁਸੀਂ ਈਮਾਨ ਵਾਲਿਆਂ ਨੂੰ ਪੱਕੇ ਪੈਰੀਂ ਰੱਖੋ, ਮੈਂ ਛੇਤੀ ਹੀ ਇਹਨਾਂ ਕਾਫ਼ਿਰਾਂ ਦੇ ਦਿਲਾਂ ਵਿਚ ਤੁਹਾਡਾ ਰੋਅਬ ਪਾ ਦੇਵਾਂਗਾ, ਸੋ ਤੁਸੀਂ ਉਹਨਾਂ ਦੀਆਂ ਧੌਣਾਂ 'ਤੇ ਵਾਰ ਕਰੋ ਅਤੇ ਅਤੇ ਉਹਨਾਂ ਦੇ ਜੋੜ-ਜੋੜ 'ਤੇ ਸੱਟ ਮਾਰੋ।

ذَٰلِكَ بِأَنَّهُمْ شَاقُّوا اللَّهَ وَرَسُولَهُ وَمَن يُشَاقِقِ اللَّهَ وَرَسُولَهُ فَإِنَّ اللَّهَ شَدِيدُ الْعِقَابِ ﴿١٣﴾

13. ਇਹ (ਸਜ਼ਾ) ਇਸ ਲਈ ਹੈ ਕਿ ਉਹਨਾਂ (ਕਾਫ਼ਿਰਾਂ) ਨੇ ਅੱਲਾਹ ਅਤੇ ਉਸ ਦੇ ਰਸੂਲ ਦਾ ਵਿਰੋਧ ਕੀਤਾ ਸੀ, ਜਿਹੜਾ ਕੋਈ ਅੱਲਾਹ ਅਤੇ ਉਸ ਦੇ ਰਸੂਲ ਦਾ ਵਿਰੋਧੀ ਹੋਵੇਗਾ, ਉਸ ਨੂੰ ਅੱਲਾਹ ਕਰੜੀ ਸਜ਼ਾ ਦੇਣ ਵਾਲਾ ਹੈ।

ذَٰلِكُمْ فَذُوقُوهُ وَأَنَّ لِلْكَافِرِينَ عَذَابَ النَّارِ ﴿١٤﴾

14 ਸੋ (ਹੇ ਕਾਫ਼ਿਰੋ!) ਤੁਸੀਂ ਇਸ (ਸਜ਼ਾ) ਦਾ ਸੁਆਦ ਵੇਖੋ। (ਚੇਤੇ ਰੱਖੋ ਕਿ) ਕਾਫ਼ਿਰਾਂ ਲਈ ਨਰਕ ਦੇ ਅਜ਼ਾਬ ਦਾ ਪ੍ਰਬੰਧ ਕੀਤਾ ਹੋਇਆ ਹੈ।

يَا أَيُّهَا الَّذِينَ آمَنُوا إِذَا لَقِيتُمُ الَّذِينَ كَفَرُوا زَحْفًا فَلَا تُوَلُّوهُمُ الْأَدْبَارَ ﴿١٥﴾

15 ਹੇ ਈਮਾਨ ਵਾਲਿਓ! ਜਦੋਂ ਤੁਹਾਡਾ ਟਾਕਰਾ ਕਾਫ਼ਿਰਾਂ ਦੀ ਸੈਨਾ ਨਾਲ ਹੋ ਜਾਵੇ ਤਾਂ ਤੁਸੀਂ ਉਹਨਾਂ ਤੋਂ ਪਿੱਠ ਨਾ ਵਿਖਾਓ।

وَمَن يُوَلِّهِمْ يَوْمَئِذٍ دُبُرَهُ إِلَّا مُتَحَرِّفًا لِّقِتَالٍ أَوْ مُتَحَيِّزًا إِلَىٰ فِئَةٍ فَقَدْ بَاءَ بِغَضَبٍ مِّنَ اللَّهِ وَمَأْوَاهُ جَهَنَّمُ ۖ وَبِئْسَ الْمَصِيرُ ﴿١٦﴾

16 ਜਿਹੜਾ ਵਿਅਕਤੀ ਉਹਨਾਂ (ਕਾਫ਼ਿਰਾਂ) ਨੂੰ ਉਸ ਸਮੇਂ ਪਿੱਠ ਵਿਖਾ ਕੇ ਨੱਸੇਗਾ, ਛੁੱਟ ਉਸ ਤੋਂ ਕਿ ਜੰਗੀ ਚਾਲ ਵਜੋਂ ਅਜਿਹਾ ਕਰੇ ਜਾਂ ਆਪਣੀ ਕਿਸੇ ਟੋਲੀ ਵੱਲ ਬਚਾਓ ਲਈ ਆਵੇ, ਤਾਂ ਉਹ ਅੱਲਾਹ ਦੇ ਕਰੋਪ ਵਿਚ ਫਸ ਜਾਵੇਗਾ। ਉਸ ਦਾ ਟਿਕਾਣਾ ਨਰਕ ਹੋਵੇਗਾ ਅਤੇ ਉਹ ਬਹੁਤ ਹੀ ਭੈੜੀ ਪਰਤਣ ਵਾਲੀ ਥਾਂ ਹੈ।

17. (ਹੇ ਮੋਮਿਨੋ!) ਤੁਸੀਂ ਉਹਨਾਂ (ਕਾਫ਼ਿਰਾਂ) ਨੂੰ ਕਤਲ ਨਹੀਂ ਕੀਤਾ, ਸਗੋਂ ਉਹਨਾਂ ਨੂੰ ਅੱਲਾਹ ਨੇ ਹੀ ਕਤਲ ਕੀਤਾ ਹੈ। (ਹੇ ਨਬੀ!) ਜਿਹੜੀ (ਮਿੱਟੀ ਦੀ ਮੁੱਠੀ) ਉਹਨਾਂ (ਕਾਫ਼ਿਰਾਂ) 'ਤੇ ਸੁੱਟੀ ਸੀ, ਉਹ ਤੁਸੀਂ ਨਹੀਂ ਸੁੱਟੀ ਸੀ ਸਗੋਂ ਅੱਲਾਹ ਨੇ ਹੀ ਸੁੱਟੀ ਸੀ, ਤਾਂ ਜੋ ਉਹ ਆਪਣੇ ਵੱਲੋਂ ਮੁਸਲਮਾਨਾਂ ਨੂੰ ਵਧੀਆ ਇਨਾਮ (ਜਿੱਤ) ਨਾਲ ਨਿਵਾਜ਼ੇ। ਬੇਸ਼ੱਕ ਅੱਲਾਹ ਸੁਣਨ ਵਾਲਾ ਅਤੇ ਭਲੀ-ਭਾਂਤ ਜਾਣਨ ਵਾਲਾ ਹੈ।

فَلَمْ تَقْتُلُوهُمْ وَلَٰكِنَّ اللَّهَ قَتَلَهُمْ ۚ وَمَا رَمَيْتَ إِذْ رَمَيْتَ وَلَٰكِنَّ اللَّهَ رَمَىٰ ۚ وَلِيُبْلِيَ الْمُؤْمِنِينَ مِنْهُ بَلَاءً حَسَنًا ۚ إِنَّ اللَّهَ سَمِيعٌ عَلِيمٌ ﴿١٧﴾

18. (ਦੂਜੀ ਗੱਲ ਇਹ ਵੀ ਹੈ) ਕਿ ਅੱਲਾਹ ਹੀ ਕਾਫ਼ਿਰਾਂ ਦੀਆਂ ਚਾਲਾਂ ਨੂੰ ਕਮਜ਼ੋਰ ਕਰਨ ਵਾਲਾ ਹੈ।

ذَٰلِكُمْ وَأَنَّ اللَّهَ مُوهِنُ كَيْدِ الْكَافِرِينَ ﴿١٨﴾

19. (ਕਾਫ਼ਿਰਾਂ ਨੂੰ ਆਖ ਦਿਓ) ਜੇ ਤੁਸੀਂ ਫ਼ੈਸਲਾ ਚਾਹੁੰਦੇ ਸੀ ਤਾਂ ਉਹ ਫ਼ੈਸਲਾ ਤੁਹਾਡੇ ਸਾਹਮਣੇ (ਤੁਹਾਡੀ ਹਾਰ ਦੇ ਰੂਪ ਵਿਚ) ਆ ਗਿਆ ਹੈ। ਜੇ ਤੁਸੀਂ ਹੁਣ ਵੀ (ਆਪਣੀਆਂ ਹਰਕਤਾਂ ਤੋਂ) ਬਾਜ਼ ਆ ਜਾਓ ਤਾਂ ਇਹ ਤੁਹਾਡੇ ਲਈ ਵਧੀਆ ਗੱਲ ਹੈ। ਜੇ ਤੁਸੀਂ ਫੇਰ ਮੁੜ (ਪਹਿਲਾਂ ਵਾਂਗ) ਹੀ ਕਰੋਗੇ ਤਾਂ ਅਸੀਂ ਵੀ ਤੁਹਾਨੂੰ ਉਸੇ ਤਰ੍ਹਾਂ (ਦੰਡਿਤ) ਕਰਾਂਗਾ। ਅਤੇ ਤੁਹਾਡੀ ਜੱਥੇਬੰਦੀ, ਭਾਵੇਂ ਉਹ ਕਿੰਨੀ ਹੀ ਵੱਡੀ ਕਿਉਂ ਨਾ ਹੋਵੇ, ਤੁਹਾਡੇ ਕੁੱਝ ਵੀ ਕੰਮ ਨਹੀਂ ਆਵੇਗੀ ਬੇਸ਼ੱਕ ਅੱਲਾਹ ਈਮਾਨ ਵਾਲਿਆਂ ਦਾ ਸਾਥੀ ਹੈ।

إِنْ تَسْتَفْتِحُوا فَقَدْ جَاءَكُمُ الْفَتْحُ ۖ وَإِنْ تَنْتَهُوا فَهُوَ خَيْرٌ لَكُمْ ۖ وَإِنْ تَعُودُوا نَعُدْ وَلَنْ تُغْنِيَ عَنْكُمْ فِئَتُكُمْ شَيْئًا وَلَوْ كَثُرَتْ وَأَنَّ اللَّهَ مَعَ الْمُؤْمِنِينَ ﴿١٩﴾

20. ਹੇ ਈਮਾਨ ਵਾਲਿਓ! ਅੱਲਾਹ ਦਾ ਅਤੇ ਉਸ ਦੇ ਰਸੂਲ ਦਾ ਕਹਿਣਾ ਮੰਨੋ ਅਤੇ ਉਸ ਤੋਂ ਮੂੰਹ ਨਾ ਮੋੜੋ, ਜਦੋਂ ਕਿ ਤੁਸੀਂ (ਹੁਕਮਾਂ ਨੂੰ) ਸੁਣ ਰਹੇ ਹੋ।

يَا أَيُّهَا الَّذِينَ آمَنُوا أَطِيعُوا اللَّهَ وَرَسُولَهُ وَلَا تَوَلَّوْا عَنْهُ وَأَنْتُمْ تَسْمَعُونَ ﴿٢٠﴾

21. ਅਤੇ ਤੁਸੀਂ ਉਹਨਾਂ ਲੋਕਾਂ ਵਾਂਗ ਨਾ ਹੋ ਜਾਣਾ ਜਿਹੜੇ ਕਹਿੰਦੇ ਤਾਂ ਇਹ ਹਨ ਕਿ ਅਸੀਂ ਸੁਣ ਲਿਆ, ਪਰ ਉਹ ਸੁਣਦੇ ਕੁੱਝ ਵੀ ਨਹੀਂ ਸੀ।

وَلَا تَكُونُوا كَالَّذِينَ قَالُوا سَمِعْنَا وَهُمْ لَا يَسْمَعُونَ ﴿٢١﴾

إِنَّ شَرَّ الدَّوَابِّ عِندَ اللَّهِ الصُّمُّ الْبُكْمُ
الَّذِينَ لَا يَعْقِلُونَ ﴿٢٢﴾

22. ਬੇਸ਼ੱਕ ਅੱਲਾਹ ਦੀਆਂ ਨਜ਼ਰਾਂ ਵਿਚ ਧਰਤੀ ਉੱਤੇ ਚੱਲਣ-ਫਿਰਨ ਵਾਲਿਆਂ ਵਿੱਚੋਂ ਸਭ ਤੋਂ ਵੱਧ ਭੈੜੇ ਉਹ ਲੋਕ ਹਨ ਜਿਹੜੇ (ਕੰਨ ਤੇ ਜ਼ੁਬਾਨ ਰੱਖਦੇ ਹੋਏ ਵੀ) ਬੋਲੇ ਤੇ ਗੂੰਗੇ ਹਨ, ਜਿਹੜੇ ਕੁੱਝ ਵੀ ਨਹੀਂ ਸਮਝਦੇ।

وَلَوْ عَلِمَ اللَّهُ فِيهِمْ خَيْرًا لَّأَسْمَعَهُمْ ۖ
وَلَوْ أَسْمَعَهُمْ لَتَوَلَّوا وَّهُم مُّعْرِضُونَ ﴿٢٣﴾

23. ਜੇ ਅੱਲਾਹ ਉਹਨਾਂ ਵਿਚ ਕੁੱਝ ਵੀ ਭਲਾਈ ਵੇਖਦਾ ਹੈ ਤਾਂ ਉਹਨਾਂ ਨੂੰ ਜ਼ਰੂਰ ਹੀ ਸੁਣਨ ਦਾ ਬਲ ਬਖ਼ਸ਼ ਦਿੰਦਾ। ਜੇ ਉਹ ਉਹਨਾਂ ਨੂੰ ਸੁਣਨ ਦਾ ਬਲ ਦੇ ਵੀ ਦਿੰਦਾ ਤਾਂ ਵੀ ਉਹ ਮੂੰਹ ਮੋੜ ਕੇ ਭੱਜ ਜਾਂਦੇ।

يَا أَيُّهَا الَّذِينَ آمَنُوا اسْتَجِيبُوا لِلَّهِ وَلِلرَّسُولِ
إِذَا دَعَاكُمْ لِمَا يُحْيِيكُمْ ۖ وَاعْلَمُوا أَنَّ اللَّهَ يَحُولُ
بَيْنَ الْمَرْءِ وَقَلْبِهِ وَأَنَّهُ إِلَيْهِ تُحْشَرُونَ ﴿٢٤﴾

24. ਹੇ ਈਮਾਨ ਵਾਲਿਓ! ਤੁਸੀਂ ਅੱਲਾਹ ਅਤੇ ਉਸ ਦੇ ਰਸੂਲ ਦੇ ਆਗਿਆਕਾਰੀ ਬਣੋ[1] ਜਦੋਂ ਕਿ ਉਹ (ਰਸੂਲ) ਤੁਹਾਨੂੰ ਉਸ (ਹੁਕਮ) ਵੱਲ ਬੁਲਾਉਂਦਾ ਹੈ ਜਿਹੜਾ ਤੁਹਾਨੂੰ (ਰੂਹਾਨੀ) ਜੀਵਨ ਬਖ਼ਸ਼ਦਾ ਹੈ ਅਤੇ ਤੁਸੀਂ ਇਹ ਵੀ ਜਾਣ ਲਵੋ ਕਿ ਬੇਸ਼ੱਕ ਅੱਲਾਹ ਬੰਦੇ ਤੇ ਉਸ ਦੇ ਮਨ ਵਿਚਕਾਰ ਇਕ ਓਟ ਬਣ ਜਾਂਦਾ ਹੈ ਅਤੇ ਇਹ ਵੀ ਕਿ ਤੁਸੀਂ ਸਾਰਿਆਂ ਨੇ ਅੱਲਾਹ ਦੇ ਕੋਲ ਹੀ ਇਕੱਠਾ ਹੋਣਾ ਹੈ।

وَاتَّقُوا فِتْنَةً لَّا تُصِيبَنَّ الَّذِينَ ظَلَمُوا مِنكُمْ
خَاصَّةً ۖ وَاعْلَمُوا أَنَّ اللَّهَ شَدِيدُ الْعِقَابِ ﴿٢٥﴾

25 ਅਤੇ ਤੁਸੀਂ ਫ਼ਿਤਨੇ (ਬਿਪਤਾ) ਤੋਂ ਬਚੋ ਜਿਹੜਾ ਤੁਹਾਡੇ ਵਿੱਚੋਂ ਕੇਵਲ ਉਹਨਾਂ ਲੋਕਾਂ ਨੂੰ ਹੀ ਨਹੀਂ ਘੇਰੇਗਾ ਸਗੋਂ ਇਸ ਦੇ ਘੇਰੇ ਵਿਚ ਸਾਰੇ ਵੀ ਫਸ ਸਕਦੇ ਹਨ ਅਤੇ ਇਹ ਵੀ ਯਾਦ ਰੱਖੋ ਕਿ ਅੱਲਾਹ ਕਰੜੀ ਸਜ਼ਾ ਦੇਣ ਵਾਲਾ ਹੈ।

---

1 ਇਸ ਆਇਤ ਵਿਚ ਅੱਲਾਹ ਅਤੇ ਉਸ ਦੇ ਰਸੂਲ (ਸ:) ਦੇ ਹੁਕਮਾਂ ਦੀ ਪੈਰਵੀ ਕਰਨ ਦੇ ਲਾਭ ਦੱਸੇ ਗਏ ਹਨ ਭਾਵ ਜਿਹੜਾ ਸੱਚਾ ਮੁਸਲਮਾਨ ਹੁੰਦਾ ਹੈ ਉਸ ਨੂੰ ਹਮੇਸ਼ਗੀ ਵਾਲਾ ਜੀਵਨ ਨਸੀਬ ਹੁੰਦਾ ਹੈ ਅਤੇ ਸੱਚਾ ਮੋਮਿਨ ਉਹ ਹੈ ਜੋ ਅੱਲਾਹ ਅਤੇ ਰਸੂਲ (ਸ:) ਦਾ ਆਗਿਆਕਾਰੀ ਹੁੰਦਾ ਹੈ ਅਤੇ ਸਾਰੇ ਕੰਮ ਕੁਰਆਨ ਤੇ ਸੁੰਨਤ ਦੇ ਅਨੁਸਾਰ ਹੀ ਕਰਦਾ ਹੈ। ਜਿਹੜਾ ਅੱਲਾਹ ਦੀ ਰਾਹ ਵਿਚ ਜਿਹਾਦ ਲਈ ਨਿਕਲਦਾ ਹੈ ਜੇ ਉਹ ਸ਼ਹੀਦ ਹੋ ਜਾਵੇ ਤਾਂ ਉਸ ਨੂੰ ਮੌਤ ਨਹੀਂ ਸਗੋਂ ਜੰਨਤ ਵਿਚ ਸਦੀਵੀ ਜੀਵਨ ਹੈ ਇਸ ਦੇ ਉਲਟ ਬਿਨਾਂ ਈਮਾਨ ਤੋਂ ਇਕ ਵਿਅਕਤੀ ਮੁਰਦੇ ਵਾਂਗ ਹੁੰਦਾ ਹੈ ਅਤੇ ਨਰਕ ਵਿਚ ਸਦਾ ਲਈ ਰਹੇਗਾ।

26. ਉਸ ਵੇਲੇ ਨੂੰ ਯਾਦ ਕਰੋ ਜਦੋਂ ਤੁਸੀਂ ਧਰਤੀ ਉੱਤੇ ਥੋੜ੍ਹੀ ਗਿਣਤੀ ਵਿਚ ਸੀ ਅਤੇ ਤੁਹਾਨੂੰ ਨਿਰਬਲ ਸਮਝਿਆ ਜਾਂਦਾ ਸੀ। ਤੁਹਾਨੂੰ ਇਸੇ ਗੱਲ ਦੀ ਚਿੰਤਾ ਲੱਗੀ ਰਹਿੰਦੀ ਸੀ ਕਿ ਲੋਕੀ ਤੁਹਾਨੂੰ ਕਿਤੇ ਮਿਟਾ ਹੀ ਨਾ ਦੇਣ। ਸੋ ਅੱਲਾਹ ਨੇ ਤੁਹਾਨੂੰ ਰਹਿਣ ਲਈ ਟਿਕਾਣਾ ਦਿੱਤਾ ਅਤੇ ਆਪਣੀ ਸਹਾਇਤਾ ਨਾਲ ਤੁਹਾਡੇ ਹੱਥ ਤਕੜੇ ਕੀਤੇ ਅਤੇ ਤੁਹਾਨੂੰ ਪਾਕੀਜ਼ਾ ਚੀਜ਼ਾਂ ਦਿੱਤੀਆਂ ਤਾਂ ਜੋ ਤੁਸੀਂ ਉਸ ਦੇ ਧੰਨਵਾਦੀ ਬਣੋ।

وَاذْكُرُوا إِذْ أَنتُمْ قَلِيلٌ مُّسْتَضْعَفُونَ فِي الْأَرْضِ تَخَافُونَ أَن يَتَخَطَّفَكُمُ النَّاسُ فَآوَاكُمْ وَأَيَّدَكُم بِنَصْرِهِ وَرَزَقَكُم مِّنَ الطَّيِّبَاتِ لَعَلَّكُمْ تَشْكُرُونَ ﴿٢٦﴾

27. ਹੇ ਈਮਾਨ ਵਾਲਿਓ! ਤੁਸੀਂ ਅੱਲਾਹ ਅਤੇ ਉਸ ਦੇ ਰਸੂਲ ਨਾਲ ਖ਼ਿਆਨਤ (ਧੋਖਾ) ਨਾ ਕਰੋ ਅਤੇ ਨਾ ਹੀ ਤੁਸੀਂ ਆਪਣੀਆਂ ਅਮਾਨਤਾਂ ਵਿਚ ਖ਼ਿਆਨਤਾਂ ਕਰੋ, ਜਦ ਕਿ ਤੁਸੀਂ ਜਾਣਦੇ ਹੋ।

يَا أَيُّهَا الَّذِينَ آمَنُوا لَا تَخُونُوا اللَّهَ وَالرَّسُولَ وَتَخُونُوا أَمَانَاتِكُمْ وَأَنتُمْ تَعْلَمُونَ ﴿٢٧﴾

28. ਅਤੇ ਤੁਸੀਂ ਇਹ ਗੱਲ ਵੀ ਯਾਦ ਰੱਖੋ ਕਿ ਬੇਸ਼ੱਕ ਤੁਹਾਡੇ ਧਨ ਪਦਾਰਥ ਤੇ ਤੁਹਾਡੀਆਂ ਔਲਾਦਾਂ ਅਸਲ ਵਿਚ ਤੁਹਾਡੇ ਲਈ ਫ਼ਿਤਨਾ (ਅਜ਼ਮਾਇਸ਼) ਹਨ ਅਤੇ (ਇਹ ਵੀ ਯਾਦ ਰੱਖੋ) ਕਿ ਅੱਲਾਹ ਕੋਲ ਦੇਣ ਲਈ ਬਹੁਤ ਹੀ ਵਧੀਆ ਬਦਲਾ ਹੈ।

وَاعْلَمُوا أَنَّمَا أَمْوَالُكُمْ وَأَوْلَادُكُمْ فِتْنَةٌ وَأَنَّ اللَّهَ عِندَهُ أَجْرٌ عَظِيمٌ ﴿٢٨﴾

29. ਹੇ ਈਮਾਨ ਵਾਲਿਓ! ਜੇ ਤੁਸੀਂ ਅੱਲਾਹ ਤੋਂ ਡਰਦੇ ਰਹੋਗੇ ਤਾਂ ਉਹ ਤੁਹਾਡੇ ਲਈ ਹੱਕ ਸੱਚ ਨੂੰ ਪਰਖਣ ਲਈ ਇਕ ਕਸੌਟੀ ਉਪਲਬਧ ਕਰ ਦੇਵੇਗਾ ਅਤੇ ਤੁਹਾਡੀਆਂ ਬੁਰਾਈਆਂ ਤੁਹਾਥੋਂ ਦੂਰ ਕਰ ਦੇਵੇਗਾ ਅਤੇ ਤੁਹਾਨੂੰ ਬਖ਼ਸ਼ ਦੇਵੇਗਾ, ਅੱਲਾਹ ਵੱਡੇ ਫ਼ਜ਼ਲਾਂ ਵਾਲਾ ਹੈ।

يَا أَيُّهَا الَّذِينَ آمَنُوا إِن تَتَّقُوا اللَّهَ يَجْعَل لَّكُمْ فُرْقَانًا وَيُكَفِّرْ عَنكُمْ سَيِّئَاتِكُمْ وَيَغْفِرْ لَكُمْ ۗ وَاللَّهُ ذُو الْفَضْلِ الْعَظِيمِ ﴿٢٩﴾

30. (ਹੇ ਨਬੀ!) ਯਾਦ ਕਰੋ ਜਦੋਂ ਕਾਫ਼ਿਰ ਲੋਕ ਆਪ ਜੀ ਬਾਰੇ ਸੋਚ ਰਹੇ ਸੀ ਕਿ ਉਹ ਤੁਹਾਨੂੰ ਬੰਦੀ ਬਣਾ ਲੈਣ ਜਾਂ ਕਤਲ ਕਰ ਦੇਣ ਜਾਂ ਆਪ ਜੀ ਨੂੰ

وَإِذْ يَمْكُرُ بِكَ الَّذِينَ كَفَرُوا لِيُثْبِتُوكَ أَوْ يَقْتُلُوكَ أَوْ يُخْرِجُوكَ ۚ وَيَمْكُرُونَ وَيَمْكُرُ اللَّهُ ۖ وَاللَّهُ خَيْرُ الْمَاكِرِينَ ﴿٣٠﴾

---

1 ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 164/3।

(ਮੱਕੇ ਤੋਂ) ਦੇਸ਼ ਨਿਕਾਲਾ ਦੇਣ। ਉਹ (ਕਾਫ਼ਿਰ) ਆਪਣੀਆਂ ਚਾਲਾਂ ਚੱਲ ਰਹੇ ਸੀ ਅਤੇ ਅੱਲਾਹ ਆਪਣੀਆਂ ਚਾਲਾਂ ਚੱਲ ਰਿਹਾ ਸੀ ਅਤੇ ਸਭ ਤੋਂ ਵਧੀਆ ਚਾਲਾਂ ਚੱਲਣ ਵਾਲਾ ਤਾਂ ਅੱਲਾਹ ਹੀ ਹੈ।

31 ਜਦੋਂ ਉਹਨਾਂ (ਕਾਫ਼ਿਰਾਂ) ਦੇ ਸਾਹਮਣੇ ਸਾਡੀਆਂ ਆਇਤਾਂ ਪੜ੍ਹੀਆਂ ਜਾਂਦੀਆਂ ਹਨ ਤਾਂ ਉਹ ਆਖਦੇ ਹਨ ਕਿ ਅਸੀਂ ਸੁਣ ਲਿਆ ਜੇ ਅਸੀਂ ਚਾਹੀਏ ਤਾਂ ਇਸ ਤਰ੍ਹਾਂ ਦਾ ਕਲਾਮ ਅਸੀਂ ਵੀ ਕਹਿ ਸਕਦੇ ਹਾਂ, ਇਹ ਤਾਂ ਬੀਤ ਚੁੱਕੇ ਲੋਕਾਂ ਦੇ ਕਿੱਸੇ ਹਨ।

وَإِذَا تُتْلَىٰ عَلَيْهِمْ آيَاتُنَا قَالُوا قَدْ سَمِعْنَا
لَوْ نَشَاءُ لَقُلْنَا مِثْلَ هَٰذَا ۙ إِنْ هَٰذَا إِلَّا
أَسَاطِيرُ الْأَوَّلِينَ 31

32 ਜਦੋਂ ਉਹਨਾਂ (ਕਾਫ਼ਿਰਾਂ) ਨੇ ਕਿਹਾ ਕਿ ਹੇ ਅੱਲਾਹ! ਜੇ ਇਹ ਕ਼ੁਰਆਨ ਅਸਲੋਂ ਤੇਰੇ ਵੱਲੋਂ ਹੀ ਹੈ (ਤਾਂ ਇਸ ਦੀ ਨਿਖੇਧੀ ਕਰਨ 'ਤੇ) ਜਾਂ ਤਾਂ ਸਾਡੇ 'ਤੇ ਅਕਾਸ਼ ਤੋਂ ਪੱਥਰ ਵਰਸਾ ਦੇ ਜਾਂ ਸਾਡੇ 'ਤੇ ਕੋਈ ਦੁਖ ਭਰਿਆ ਅਜ਼ਾਬ ਲੈ ਆ।

وَإِذْ قَالُوا اللَّهُمَّ إِنْ كَانَ هَٰذَا هُوَ الْحَقَّ
مِنْ عِنْدِكَ فَأَمْطِرْ عَلَيْنَا حِجَارَةً
مِنَ السَّمَاءِ أَوِ ائْتِنَا بِعَذَابٍ أَلِيمٍ 32

33 (ਹੇ ਨਬੀ!) ਅੱਲਾਹ ਅਜਿਹਾ ਨਹੀਂ ਕਿ ਇਹਨਾਂ ਨੂੰ ਅਜ਼ਾਬ ਦੇਵੇ, ਜਦ ਕਿ ਤੁਸੀਂ ਇਹਨਾਂ ਵਿਚ ਮੌਜੂਦ ਹਨ ਅਤੇ ਜੇ ਉਹ ਆਪਣੀਆਂ ਭੁੱਲਾਂ ਦੀ ਖਿਮਾਂ ਲਈ ਬੇਨਤੀਆਂ ਕਰਦੇ ਹਨ ਤਾਂ ਵੀ ਅੱਲਾਹ ਉਹਨਾਂ ਨੂੰ ਅਜ਼ਾਬ ਨਹੀਂ ਦੇਵੇਗਾ।

وَمَا كَانَ اللَّهُ لِيُعَذِّبَهُمْ وَأَنْتَ فِيهِمْ ۚ وَمَا
كَانَ اللَّهُ مُعَذِّبَهُمْ وَهُمْ يَسْتَغْفِرُونَ 33

34 ਪਰ ਹੁਣ ਉਹ ਕਿਹੜੀ ਅਜਿਹੀ ਗੱਲ ਹੈ ਕਿ ਅੱਲਾਹ ਉਹਨਾਂ ਨੂੰ ਸਜ਼ਾ ਨਾ ਦੇਵੇ ਜਦ ਕਿ ਉਹ ਲੋਕਾਂ ਨੂੰ ਮਸਜਿਦੇ-ਹਰਾਮ (ਖ਼ਾਨਾ-ਕਾਅਬਾ) ਤੋਂ ਰੋਕਦੇ ਹਨ ਜਦ ਕਿ ਉਹ ਇਸ ਦੇ ਮੁਤਵੱਲੀ (ਪ੍ਰਬੰਧਕ) ਵੀ ਨਹੀਂ। ਇਸ ਦੇ ਮੁਤਵੱਲੀ ਤਾਂ ਨੇਕ ਪਰਹੇਜ਼ਗਾਰ ਲੋਕ ਹੀ ਹਨ, ਪਰ ਇਹਨਾਂ ਵਿੱਚੋਂ

وَمَا لَهُمْ أَلَّا يُعَذِّبَهُمُ اللَّهُ وَهُمْ يَصُدُّونَ
عَنِ الْمَسْجِدِ الْحَرَامِ وَمَا كَانُوا أَوْلِيَاءَهُ ۚ
إِنْ أَوْلِيَاؤُهُ إِلَّا الْمُتَّقُونَ وَلَٰكِنَّ أَكْثَرَهُمْ
لَا يَعْلَمُونَ 34

ਬਹੁਤੇ ਲੋਕ ਤਾਂ ਇਸ ਗੱਲ ਦੀ ਹਕੀਕਤ ਨੂੰ ਨਹੀਂ ਜਾਣਦੇ।

35. ਖ਼ਾਨਾ-ਕਾਅਬਾ ਦੇ ਕੋਲ ਇਹਨਾਂ (ਮੁਸ਼ਰਿਕਾਂ) ਦੀ ਨਮਾਜ਼ ਸੀਟੀਆਂ ਤੇ ਤਾਲੀਆਂ ਵਜਾਉਣ ਤੋਂ ਛੁੱਟ ਹੋਰ ਕੁੱਝ ਵੀ ਨਹੀਂ ਸੀ। ਸੋ ਹੁਣ (ਹੇ ਕਾਫ਼ਿਰੋ!) ਤੁਸੀਂ ਅਜ਼ਾਬ ਦਾ ਸੁਆਦ ਲਵੋ, ਉਸ ਕੁਫ਼ਰ ਕਾਰਨ ਜੋ ਤੁਸੀਂ ਕਰਦੇ ਸੀ।

وَمَا كَانَ صَلَاتُهُمْ عِندَ الْبَيْتِ إِلَّا مُكَاءً وَتَصْدِيَةً ۚ فَذُوقُوا الْعَذَابَ بِمَا كُنتُمْ تَكْفُرُونَ ﴿٣٥﴾

36. ਬੇਸ਼ੱਕ ਇਹ ਕਾਫ਼ਿਰ ਲੋਕ ਆਪਣਾ ਮਾਲ ਇਸ ਲਈ ਖ਼ਰਚ ਕਰ ਰਹੇ ਹਨ ਤਾਂ ਜੋ ਲੋਕਾਂ ਨੂੰ ਅੱਲਾਹ ਦੀ ਰਾਹ ਤੋਂ ਰੋਕਿਆ ਜਾਵੇ। ਹਾਲਾਂ ਇਹ ਆਪਣਾ ਮਾਲ (ਇੰਜ ਹੀ) ਹੋਰ ਖ਼ਰਚ ਕਰਨਗੇ, ਫੇਰ ਉਹ (ਖ਼ਰਚਿਆ ਹੋਇਆ) ਮਾਲ ਇਹਨਾਂ ਦੇ ਪਛਤਾਵੇ ਦਾ ਕਾਰਨ ਹੋ ਜਾਵੇਗਾ। ਫੇਰ ਇਹ ਅਧੀਨ ਹੋ ਜਾਣਗੇ ਅਤੇ ਜਿਨ੍ਹਾਂ ਲੋਕਾਂ ਨੇ ਕੁਫ਼ਰ ਕੀਤਾ ਹੈ (ਕਿਆਮਤ ਦਿਹਾੜੇ) ਨਰਕ ਵੱਲ ਜਮਾਂ ਕਰਕੇ ਲਿਆਇਆ ਜਾਵੇਗਾ।

إِنَّ الَّذِينَ كَفَرُوا يُنفِقُونَ أَمْوَالَهُمْ لِيَصُدُّوا عَن سَبِيلِ اللَّهِ ۚ فَسَيُنفِقُونَهَا ثُمَّ تَكُونُ عَلَيْهِمْ حَسْرَةً ثُمَّ يُغْلَبُونَ ۗ وَالَّذِينَ كَفَرُوا إِلَىٰ جَهَنَّمَ يُحْشَرُونَ ﴿٣٦﴾

37. (ਇਹ ਇਸ ਲਈ ਹੋਵੇਗਾ) ਤਾਂ ਜੋ ਅੱਲਾਹ ਅਪਵਿੱਤਰ (ਕਾਫ਼ਿਰ) ਲੋਕਾਂ ਨੂੰ ਪਵਿੱਤਰ (ਈਮਾਨ ਵਾਲੇ) ਲੋਕਾਂ ਤੋਂ ਵੱਖਰਾ ਕਰ ਦੇਵੇ। ਅਤੇ ਨਾ-ਪਾਕ (ਲੋਕਾਂ) ਨੂੰ ਇਕ ਦੂਜੇ ਦੇ ਉੱਪਰ ਥੱਲੇ ਰੱਖ ਕੇ ਸਭ ਨੂੰ ਇਕ ਥਾਂ ਇਕੱਠਾ ਕਰਕੇ ਉਹਨਾਂ ਸਭ ਨੂੰ ਨਰਕ ਵਿਚ ਸੁੱਟ ਦੇਵੇ। ਅਜਿਹੇ ਲੋਕ ਹੀ ਘਾਟੇ ਵਿਚ ਰਹਿਣ ਵਾਲੇ ਹਨ।

لِيَمِيزَ اللَّهُ الْخَبِيثَ مِنَ الطَّيِّبِ وَيَجْعَلَ الْخَبِيثَ بَعْضَهُ عَلَىٰ بَعْضٍ فَيَرْكُمَهُ جَمِيعًا فَيَجْعَلَهُ فِي جَهَنَّمَ ۚ أُولَٰئِكَ هُمُ الْخَاسِرُونَ ﴿٣٧﴾

38. (ਹੇ ਮੁਹੰਮਦ ਸ:!) ਤੁਸੀਂ ਇਹਨਾਂ ਕਾਫ਼ਿਰਾਂ ਨੂੰ ਦੱਸ ਦਿਓ ਕਿ ਜੇ ਇਹ ਲੋਕ (ਆਪਣੀਆਂ ਹਰਕਤਾਂ ਤੋਂ) ਬਾਜ਼ ਆ ਜਾਣ ਤਾਂ ਇਹਨਾਂ ਦੇ ਉਹ ਸਾਰੇ ਹੀ ਗੁਨਾਹ, ਜਿਹੜੇ ਹੋ ਚੁੱਕੇ ਹਨ, ਸਭ ਮੁਆਫ਼ ਕਰ

قُل لِّلَّذِينَ كَفَرُوا إِن يَنتَهُوا يُغْفَرْ لَهُم مَّا قَدْ سَلَفَ وَإِن يَعُودُوا فَقَدْ مَضَتْ سُنَّتُ الْأَوَّلِينَ ﴿٣٨﴾

ਫਿਰੇ ਜਾਣਗੇ। ਜੇ ਮੁੜ ਉਹੀਓ ਕਰਨਗੇ ਤਾਂ ਪਹਿਲੀਆਂ ਕੌਮਾਂ ਨਾਲ ਜੋ ਹੋ ਚੁੱਕਿਆ ਹੈ ਉਹਨਾਂ ਨਾਲ ਵੀ ਉਹੀਓ ਹੋਵੇਗਾ।

39 (ਹੇ ਮੋਮਿਨੋ!) ਤੁਸੀਂ ਕਾਫ਼ਿਰਾਂ ਨਾਲ ਉਦੋਂ ਤਕ ਲੜੋ ਕਿ ਫ਼ਿਤਨਾ (ਸ਼ਿਰਕ) ਬਾਕੀ ਨਾ ਰਹੇ ਅਤੇ (ਹਰ ਥਾਂ) ਦੀਨ ਸੰਪੂਰਨ ਰੂਪ ਵਿਚ ਅੱਲਾਹ ਦਾ ਹੀ ਹੋ ਜਾਵੇ। ਫੇਰ ਜੇ ਇਹ (ਕਾਫ਼ਿਰ) ਬਾਜ਼ ਆ ਜਾਣ ਤਾਂ ਬੇਸ਼ੱਕ ਅੱਲਾਹ ਉਹਨਾਂ ਦੇ ਕਰਮਾਂ ਨੂੰ ਚੰਗੀ ਤਰ੍ਹਾਂ ਵੇਖ ਰਿਹਾ ਹੈ।

وَقَاتِلُوهُمْ حَتَّىٰ لَا تَكُونَ فِتْنَةٌ وَيَكُونَ الدِّينُ كُلُّهُ لِلَّهِ ۚ فَإِنِ انتَهَوْا فَإِنَّ اللَّهَ بِمَا يَعْمَلُونَ بَصِيرٌ ٣٩

40 ਜੇ ਉਹ ਮੂੰਹ ਮੋੜਨਗੇ ਤਾਂ ਵਿਸ਼ਵਾਸ ਰੱਖੋ ਕਿ ਅੱਲਾਹ ਤੁਹਾਡੇ ਸਾਰੇ ਕੰਮ ਸਵਾਰਨ ਵਾਲਾ ਹੈ ਅਤੇ ਉਹ ਬਹੁਤ ਹੀ ਵਧੀਆ ਕੰਮ ਸਵਾਰਨ ਵਾਲਾ ਤੇ ਸਹਾਈ ਹੈ।[1]

وَإِن تَوَلَّوْا فَاعْلَمُوا أَنَّ اللَّهَ مَوْلَاكُمْ ۚ نِعْمَ الْمَوْلَىٰ وَنِعْمَ النَّصِيرُ ٤٠

[1] ਦੀਨ ਅੱਲਾਹ ਲਈ ਹੋਣ ਤੋਂ ਕਈ ਵਿਦਵਾਨਾਂ ਅਨੁਸਾਰ ਇਹ ਉਸ ਸਮੇਂ ਹੋਵੇਗਾ ਜਦੋਂ ਹਜ਼ਰਤ ਈਸਾ ਧਰਤੀ 'ਤੇ ਉੱਤਰਣਗੇ ਤਾਂ ਉਸ ਸਮੇਂ ਉਹ ਇਸਲਾਮ ਤੋਂ ਛੁੱਟ ਕਿਸੇ ਧਰਮ ਨੂੰ ਸਵੀਕਾਰ ਨਹੀਂ ਕਰਨਗੇ

41. (ਹੇ ਮੁਸਲਮਾਨੋ!) ਤੁਹਾਨੂੰ ਪਤਾ ਹੋਣਾ ਚਾਹੀਦਾ ਹੈ ਕਿ ਤੁਸੀਂ ਜੋ ਵੀ ਮਾਲੇ-ਗ਼ਨੀਮਤ (ਜੰਗ ਵਿੱਚੋਂ ਵੈਰੀਆਂ ਦਾ ਮਾਲ) ਪ੍ਰਾਪਤ ਕਰੋਗੇ ਉਸ ਵਿੱਚੋਂ ਪੰਜਵਾਂ ਹਿਸਾ ਅੱਲਾਹ ਦਾ ਅਤੇ ਉਸ ਦੇ ਰਸੂਲ ਦਾ ਅਤੇ (ਉਹ ਦੇ) ਰਿਸ਼ਤੇਦਾਰਾਂ, ਯਤੀਮਾਂ, ਮਸਕੀਨਾਂ ਅਤੇ ਮੁਸਾਫ਼ਰਾਂ ਦਾ ਹੈ। ਜੇ ਤੁਸੀਂ ਅੱਲਾਹ 'ਤੇ ਉਸ ਚੀਜ਼ (ਰੱਬੀ ਮਦਦ) ਉੱਤੇ ਈਮਾਨ ਲਿਆਏ ਹੋ ਜਿਹੜੀ ਮਦਦ ਅਸਾਂ ਫ਼ੈਸਲੇ (ਭਾਵ ਬਦਰ ਦੀ ਜੰਗ) ਵਾਲੇ ਦਿਨ ਉਤਾਰੀ ਸੀ, ਜਦੋਂ ਦੋਵੇਂ ਫ਼ੌਜਾਂ ਭਿੜ ਰਹੀਆਂ ਸਨ (ਤਾਂ ਤੁਸੀਂ ਇਸ ਵੰਡ ਨੂੰ ਵੀ ਮੰਨੋ) ਅੱਲਾਹ ਹਰ ਚੀਜ਼ ਦੀ ਕੁਦਰਤ ਰੱਖਦਾ ਹੈ।

وَاعْلَمُوا أَنَّمَا غَنِمْتُمْ مِنْ شَيْءٍ فَأَنَّ لِلَّهِ
خُمُسَهُ وَلِلرَّسُولِ وَلِذِي الْقُرْبَىٰ وَالْيَتَامَىٰ
وَالْمَسَاكِينِ وَابْنِ السَّبِيلِ إِنْ كُنْتُمْ آمَنْتُمْ
بِاللَّهِ وَمَا أَنْزَلْنَا عَلَىٰ عَبْدِنَا يَوْمَ الْفُرْقَانِ يَوْمَ
الْتَقَى الْجَمْعَانِ ۗ وَاللَّهُ عَلَىٰ كُلِّ شَيْءٍ قَدِيرٌ ﴿٤١﴾

42. ਉਸ ਵੇਲੇ ਨੂੰ ਯਾਦ ਕਰੋ ਜਦੋਂ ਤੁਸੀਂ (ਮੁਸਲਮਾਨ) ਘਾਟੀ (ਬਦਰ ਦੇ ਮੈਦਾਨ) ਦੇ ਉਰਲੇ ਪਾਸੇ ਸੀ ਅਤੇ ਉਹ (ਕਾਫ਼ਿਰ) ਘਾਟੀ ਦੇ ਪਰਲੇ ਪਾਸੇ ਸੀ ਅਤੇ (ਕੁਰੈਸ਼ ਦਾ ਤਜਾਰਤੀ) ਕਾਫ਼ਲਾ ਤੁਹਾਡੇ ਹੇਠ (ਬਹਰੇ-ਕੁਲਜ਼ੁਮ ਦੇ ਤਟ ਵੱਲ) ਸੀ। ਜੇ ਤੁਸੀਂ ਦੋਵੇਂ ਧਿਰਾਂ ਪਹਿਲਾਂ ਤੋਂ ਹੀ ਆਪਸ ਵਿਚ ਲੜਨ ਦਾ ਇਰਾਦਾ ਕਰਦੇ ਤਾਂ ਲਾਜ਼ਮਨ ਹੀ ਉਸ ਸਮੇਂ ਤੁਹਾਡੇ ਵਿਚਕਾਰ ਮਤਭੇਦ ਹੋ ਜਾਂਦੇ, ਪਰ ਦੋਵੇਂ ਮੁਸਲਮਾਨ ਤੇ ਕਾਫ਼ਿਰਾਂ ਦੇ ਟੋਲੇ ਆਹਮਣੇ ਸਾਹਮਣੇ ਆ ਗਏ ਤਾਂ ਜੋ ਅੱਲਾਹ ਉਸ ਕੰਮ ਨੂੰ ਪੂਰਾ ਕਰ ਦੇਵੇ ਜਿਹੜਾ ਹੋਣ ਵਾਲਾ ਸੀ। ਕਿ ਜਿਹੜਾ (ਜੰਗ ਵਿਚ) ਮਰੇ ਉਹ ਵੀ ਦਲੀਲ ਨਾਲ ਹੀ ਮਰੇ ਅਤੇ ਜਿਊਂਦਾ ਰਹੇ ਉਹ ਵੀ ਦਲੀਲ ਨਾਲ ਹੀ ਜਿਊਂਦਾ ਰਹੇ। ਬੇਸ਼ੱਕ ਅੱਲਾਹ ਸਭ ਕੁੱਝ ਸੁਣਨ ਵਾਲਾ ਅਤੇ ਜਾਣਨ ਵਾਲਾ ਹੈ।

إِذْ أَنْتُمْ بِالْعُدْوَةِ الدُّنْيَا وَهُمْ بِالْعُدْوَةِ الْقُصْوَىٰ
وَالرَّكْبُ أَسْفَلَ مِنْكُمْ ۚ وَلَوْ تَوَاعَدْتُمْ
لَاخْتَلَفْتُمْ فِي الْمِيعَادِ ۙ وَلَٰكِنْ لِيَقْضِيَ اللَّهُ
أَمْرًا كَانَ مَفْعُولًا لِيَهْلِكَ مَنْ هَلَكَ عَنْ
بَيِّنَةٍ وَيَحْيَىٰ مَنْ حَيَّ عَنْ بَيِّنَةٍ ۗ وَإِنَّ
اللَّهَ لَسَمِيعٌ عَلِيمٌ ﴿٤٢﴾

إِذْ يُرِيكَهُمُ اللَّهُ فِي مَنَامِكَ قَلِيلًا ۖ
وَلَوْ أَرَاكَهُمْ كَثِيرًا لَّفَشِلْتُمْ وَلَتَنَازَعْتُمْ
فِي الْأَمْرِ وَلَٰكِنَّ اللَّهَ سَلَّمَ ۗ إِنَّهُ عَلِيمٌ
بِذَاتِ الصُّدُورِ ٤٣

43. (ਹੇ ਨਬੀ!) ਉਹ ਵੇਲਾ ਵੀ ਯਾਦ ਕਰੋ ਜਦੋਂ ਅੱਲਾਹ ਨੇ ਤੁਹਾਨੂੰ ਸੁਪਨੇ ਵਿਚ ਉਹਨਾਂ (ਕਾਫ਼ਿਰਾਂ) ਦੀ ਗਿਣਤੀ ਘੱਟ ਕਰਕੇ ਵਿਖਾਈ ਸੀ, ਜੇ ਉਹ ਉਹਨਾਂ ਦੀ ਗਿਣਤੀ ਵੱਧ ਵਿਖਾ ਦਿੰਦਾ ਤਾਂ ਤੁਸੀਂ ਜ਼ਰੂਰ ਹੀ ਹਿੰਮਤ ਹਾਰ ਜਾਂਦੇ ਅਤੇ ਇਸ (ਜੰਗ) ਦੇ ਮਾਮਲੇ ਵਿਚ ਮਤਭੇਦ ਕਰਨ ਲੱਗ ਜਾਂਦੇ (ਕਿ ਲੜੀਏ ਜਾਂ ਨਾ) ਪਰ ਅੱਲਾਹ ਨੇ ਤੁਹਾਨੂੰ ਇਸ ਤੋਂ ਬਚਾ ਲਿਆ। ਬੇਸ਼ੱਕ ਉਹ ਦਿਲਾਂ ਦੀਆਂ ਗੱਲਾਂ ਤੋਂ ਜਾਣੂ ਹੈ।

وَإِذْ يُرِيكُمُوهُمْ إِذِ الْتَقَيْتُمْ فِي أَعْيُنِكُمْ
قَلِيلًا وَيُقَلِّلُكُمْ فِي أَعْيُنِهِمْ لِيَقْضِيَ اللَّهُ أَمْرًا
كَانَ مَفْعُولًا ۗ وَإِلَى اللَّهِ تُرْجَعُ الْأُمُورُ ٤٤

44. (ਹੇ ਮੁਸਲਮਾਨੋ! ਯਾਦ ਕਰੋ) ਜਦੋਂ ਉਸ (ਅੱਲਾਹ) ਨੇ ਟਾਕਰੇ ਦੇ ਸਮੇਂ ਉਹਨਾਂ (ਕਾਫ਼ਿਰਾਂ) ਨੂੰ ਤੁਹਾਡੀਆਂ ਨਜ਼ਰਾਂ ਵਿਚ ਬਹੁਤ ਹੀ ਘੱਟ ਗਿਣਤੀ ਵਿਚ ਵਿਖਾਇਆ ਸੀ ਅਤੇ ਤੁਹਾਨੂੰ ਉਹਨਾਂ (ਕਾਫ਼ਿਰਾਂ) ਦੀਆਂ ਨਜ਼ਰਾਂ ਵਿਚ ਘੱਟ ਕਰਕੇ ਵਿਖਾਇਆ ਤਾਂ ਜੋ ਉਸ (ਅੱਲਾਹ) ਨੇ ਜਿਹੜਾ ਕੰਮ ਕਰਨਾ ਹੈ ਉਸ ਨੂੰ ਅੰਤ ਤਕ ਪਹੁੰਚਾ ਦੇਵੇ ਅਤੇ ਅੱਲਾਹ ਵੱਲ ਹੀ ਸਾਰੇ ਕੰਮ ਪਰਤਾਏ ਜਾਂਦੇ ਹਨ।

يَا أَيُّهَا الَّذِينَ آمَنُوا إِذَا لَقِيتُمْ فِئَةً فَاثْبُتُوا
وَاذْكُرُوا اللَّهَ كَثِيرًا لَّعَلَّكُمْ تُفْلِحُونَ ٤٥

45. ਹੇ ਈਮਾਨ ਵਾਲਿਓ! ਜਦੋਂ ਤੁਹਾਡਾ ਟਾਕਰਾ ਕਿਸੇ ਵਿਰੋਧੀ ਧਿਰ ਨਾਲ ਹੋ ਜਾਵੇ ਤਾਂ ਡਟੇ ਰਹੋ ਅਤੇ ਅੱਲਾਹ ਨੂੰ ਵੱਧ ਤੋਂ ਵੱਧ ਯਾਦ ਕਰੋ ਤਾਂ ਜੋ ਤੁਹਾਨੂੰ ਸਫਲਤਾ ਪ੍ਰਾਪਤ ਹੋ ਸਕੇ।

وَأَطِيعُوا اللَّهَ وَرَسُولَهُ وَلَا تَنَازَعُوا
فَتَفْشَلُوا وَتَذْهَبَ رِيحُكُمْ ۖ وَاصْبِرُوا ۚ
إِنَّ اللَّهَ مَعَ الصَّابِرِينَ ٤٦

46. (ਹੇ ਮੋਮਿਨੋ!) ਅੱਲਾਹ ਅਤੇ ਉਸ ਦੇ ਰਸੂਲ ਦੀ ਆਗਿਆ ਦੀ ਪਾਲਣਾ ਕਰਦੇ ਰਹੋ। ਆਪੋ ਵਿਚਾਲੇ ਝਗੜਾ ਨਾ ਕਰੋ, ਨਹੀਂ ਤਾਂ ਤੁਸੀਂ ਕਮਜ਼ੋਰ ਹੋ ਜਾਵੋਗੇ ਅਤੇ ਤੁਹਾਡੀ ਹਵਾ ਉੱਖੜ ਜਾਵੇਗੀ ਸੋ ਤੁਸੀਂ ਧੀਰਜ ਤੋਂ ਕੰਮ ਲਵੋ। ਅੱਲਾਹ ਧੀਰਜ ਨਾਲ ਕੰਮ ਕਰਨ ਵਾਲਿਆਂ ਦਾ ਹੀ ਸਾਥੀ ਹੈ।

وَلَا تَكُونُوا كَالَّذِينَ خَرَجُوا مِن دِيَارِهِم بَطَرًا وَرِئَاءَ النَّاسِ وَيَصُدُّونَ عَن سَبِيلِ اللَّهِ ۚ وَاللَّهُ بِمَا يَعْمَلُونَ مُحِيطٌ ﴿٤٧﴾

47. ਤੁਸੀਂ ਉਹਨਾਂ ਲੋਕਾਂ ਵਾਂਗ ਨਾ ਹੋ ਜਾਣਾ ਜਿਹੜੇ ਘਮੰਡ ਕਰਦੇ ਹੋਏ ਅਤੇ ਲੋਕਾਂ ਨੂੰ ਆਪਣੀ ਵਡਿਆਈ ਵਿਖਾਉਂਦੇ ਹੋਏ ਘਰਾਂ ਤੋਂ (ਲੜਾਈ ਲਈ) ਨਿਕਲੇ (ਲੋਕਾਂ ਨੂੰ) ਅੱਲਾਹ ਦੇ ਰਸਤੇ ਚੱਲਣ ਤੋਂ ਰੋਕਦੇ ਸਨ, ਜੋ ਕੁੱਝ ਉਹ ਕਰ ਰਹੇ ਹਨ ਅੱਲਾਹ ਨੇ ਉਹ ਸਭ (ਗਿਆਨ ਦੇ) ਘੇਰੇ ਵਿਚ ਲਿਆ ਹੋਇਆ ਹੈ।

وَإِذْ زَيَّنَ لَهُمُ الشَّيْطَانُ أَعْمَالَهُمْ وَقَالَ لَا غَالِبَ لَكُمُ الْيَوْمَ مِنَ النَّاسِ وَإِنِّي جَارٌ لَّكُمْ ۖ فَلَمَّا تَرَاءَتِ الْفِئَتَانِ نَكَصَ عَلَىٰ عَقِبَيْهِ وَقَالَ إِنِّي بَرِيءٌ مِّنكُمْ إِنِّي أَرَىٰ مَا لَا تَرَوْنَ إِنِّي أَخَافُ اللَّهَ ۚ وَاللَّهُ شَدِيدُ الْعِقَابِ ﴿٤٨﴾

48. ਯਾਦ ਕਰੋ, ਜਦੋਂ ਸ਼ੈਤਾਨ ਉਹਨਾਂ (ਕਾਫ਼ਿਰਾਂ) ਦੀਆਂ ਕਰਤੂਤਾਂ ਨੂੰ ਸੋਹਣੀਆਂ ਕਰਕੇ ਵਿਖਾ ਰਿਹਾ ਸੀ ਅਤੇ ਕਹਿ ਰਿਹਾ ਸੀ ਕਿ ਅੱਜ ਤੁਹਾਡੇ 'ਤੇ ਕੋਈ ਵੀ ਜਿੱਤ ਪ੍ਰਾਪਤ ਨਹੀਂ ਕਰ ਸਕਦਾ, ਮੈਂ ਆਪ ਤੁਹਾਡਾ ਹਿਮਾਇਤੀ ਹਾਂ, ਪਰ ਜਦੋਂ ਦੋਵੇਂ ਫ਼ੌਜਾਂ ਦਾ ਸਾਹਮਣਾ ਹੋਇਆ ਤਾਂ ਉਹ (ਸ਼ੈਤਾਨ) ਪਿਛਲੇ ਪੈਰੀਂ ਮੁੜ ਗਿਆ ਅਤੇ ਆਖਣ ਲੱਗਿਆ ਕਿ ਮੇਰਾ ਤੇ ਤੁਹਾਡਾ ਕੋਈ ਸਾਥ ਨਹੀਂ। ਬੇਸ਼ੱਕ ਮੈਂ ਉਹ (ਫ਼ਰਿਸ਼ਤੇ) ਵੇਖ ਰਿਹਾ ਹਾਂ ਜੋ ਤੁਸੀਂ ਨਹੀਂ ਵੇਖ ਰਹੇ। ਮੈਂ ਅੱਲਾਹ ਤੋਂ ਡਰਦਾ ਹਾਂ ਅੱਲਾਹ ਸਖ਼ਤ ਅਜ਼ਾਬ ਦੇਣ ਵਾਲਾ ਹੈ।

إِذْ يَقُولُ الْمُنَافِقُونَ وَالَّذِينَ فِي قُلُوبِهِم مَّرَضٌ غَرَّ هَٰؤُلَاءِ دِينُهُمْ ۗ وَمَن يَتَوَكَّلْ عَلَى اللَّهِ فَإِنَّ اللَّهَ عَزِيزٌ حَكِيمٌ ﴿٤٩﴾

49. ਜਦ ਕਿ ਮੁਨਾਫ਼ਿਕ ਅਤੇ ਉਹ ਲੋਕ, ਜਿਨ੍ਹਾਂ ਦੇ ਦਿਲਾਂ ਵਿਚ (ਘਮੰਡ ਦਾ) ਰੋਗ ਸੀ, ਇਹ ਕਹਿ ਰਹੇ ਸਨ ਕਿ ਇਹਨਾਂ (ਮੁਸਲਮਾਨਾਂ) ਨੂੰ ਤਾਂ ਇਹਨਾਂ ਦੇ ਦੀਨ (ਇਸਲਾਮ) ਨੇ ਧੋਖੇ ਵਿਚ ਪਾ ਰੱਖਿਆ ਹੈ ਅਤੇ ਜਿਹੜਾ ਵੀ ਕੋਈ ਅੱਲਾਹ ਉੱਤੇ ਭਰੋਸਾ ਕਰੇਗਾ (ਉਹੀਓ ਸਫ਼ਲ ਹੋਵੇਗਾ)। ਬੇਸ਼ੱਕ ਜ਼ੋਰਾਵਰ ਤੇ ਹਿਕਮਤਾਂ ਵਾਲਾ (ਅੱਲਾਹ) ਹੈ।

وَلَوْ تَرَىٰ إِذْ يَتَوَفَّى الَّذِينَ كَفَرُوا ۙ الْمَلَائِكَةُ يَضْرِبُونَ وُجُوهَهُمْ وَأَدْبَارَهُمْ وَذُوقُوا عَذَابَ الْحَرِيقِ ﴿٥٠﴾

50 (ਹੇ ਨਬੀ) ਕਾਸ਼ ਤੁਸੀਂ ਵੇਖਦੇ ਜਦੋਂ ਫ਼ਰਿਸ਼ਤੇ ਕਾਫ਼ਿਰਾਂ ਦੀਆਂ ਰੂਹਾਂ ਕਬਜ਼ੇ ਵਿਚ ਕਰਦੇ ਹਨ, ਉਹ ਉਹਨਾਂ ਦੇ ਮੂੰਹਾਂ ਤੇ ਪਿੱਠਾਂ 'ਤੇ ਮਾਰਦੇ ਹਨ ਅਤੇ ਆਖਦੇ ਹਨ ਕਿ ਹੁਣ ਤੁਸੀਂ ਨਰਕ ਦੀ ਅੱਗ ਵਿਚ ਸੜਣ ਵਾਲਾ ਅਜ਼ਾਬ ਭੋਗੋ।

ذٰلِكَ بِمَا قَدَّمَتْ اَيْدِيْكُمْ وَاَنَّ اللّٰهَ
لَيْسَ بِظَلَّامٍ لِّلْعَبِيْدِ ﴿51﴾

51. ਇਹ (ਅਜ਼ਾਬ) ਉਹਨਾਂ ਕੰਮਾਂ ਦਾ ਬਦਲਾ ਹੈ ਜਿਹੜੇ ਤੁਸੀਂ ਆਪਣੇ ਹੱਥੀਂ ਪਹਿਲਾਂ ਹੀ ਅੱਗੇ ਭੇਜ ਚੁੱਕੇ ਹੋ ਅਤੇ ਇਹ ਵੀ ਜਾਣ ਲਵੋ ਕਿ ਬੇਸ਼ੱਕ ਅੱਲਾਹ ਆਪਣੇ ਬੰਦਿਆਂ 'ਤੇ ਜ਼ੁਲਮ ਕਰਨ ਵਾਲਾ ਨਹੀਂ।

كَدَاْبِ اٰلِ فِرْعَوْنَ ۙ وَالَّذِيْنَ مِنْ قَبْلِهِمْ ۭ
كَفَرُوْا بِاٰيٰتِ اللّٰهِ فَاَخَذَهُمُ اللّٰهُ بِذُنُوْبِهِمْ ۭ
اِنَّ اللّٰهَ قَوِيٌّ شَدِيْدُ الْعِقَابِ ﴿52﴾

52. ਇਹਨਾਂ (ਮੱਕੇ ਵਾਲਿਆਂ) ਦਾ ਵਤੀਰਾ ਵੀ ਉਹਨਾਂ ਵਾਂਗ ਹੀ ਹੈ ਜਿਹੜਾ ਇਹਨਾਂ ਤੋਂ ਪਹਿਲਾਂ ਫ਼ਿਰਔਨੀਆਂ ਅਤੇ ਉਹਨਾਂ ਤੋਂ ਪਹਿਲਾਂ ਬੀਤ ਚੁੱਕੇ ਲੋਕਾਂ ਦਾ ਸੀ। ਉਹਨਾਂ ਨੇ ਅੱਲਾਹ ਦੀਆਂ ਆਇਤਾਂ (ਆਦੇਸ਼ਾਂ) ਦਾ ਇਨਕਾਰ ਕੀਤਾ ਤਾਂ ਅੱਲਾਹ ਨੇ ਉਹਨਾਂ ਦੇ ਗੁਨਾਹਾਂ ਕਾਰਨ ਉਹਨਾਂ ਨੂੰ ਫੜ ਲਿਆ। ਬੇਸ਼ੱਕ ਅੱਲਾਹ ਬਹੁਤ ਹੀ ਸ਼ਕਤੀਸ਼ਾਲੀ ਅਤੇ ਕਰੜਾ ਅਜ਼ਾਬ ਦੇਣ ਵਾਲਾ ਹੈ।

ذٰلِكَ بِاَنَّ اللّٰهَ لَمْ يَكُ مُغَيِّرًا نِّعْمَةً اَنْعَمَهَا
عَلٰي قَوْمٍ حَتّٰي يُغَيِّرُوْا مَا بِاَنْفُسِهِمْ ۙ
وَاَنَّ اللّٰهَ سَمِيْعٌ عَلِيْمٌ ﴿53﴾

53 ਇਹ ਇਸ ਲਈ ਹੋਇਆ ਕਿ ਅੱਲਾਹ ਇੰਜ ਨਹੀਂ ਕਿ ਉਹ ਕਿਸੇ ਕੌਮ ਨੂੰ ਕੋਈ ਨਿਅਮਤ ਬਖ਼ਸ਼ੇ ਫੇਰ ਉਸ ਨੂੰ ਉਦੋਂ ਤਕ ਨਹੀਂ ਬਦਲਦਾ ਜਦੋਂ ਤੀਕ ਕਿ ਉਹ (ਕੌਮ) ਆਪੇ ਆਪਣੇ ਦਿਲਾਂ ਦੀ ਹਾਲਤ ਨੂੰ ਨਹੀਂ ਬਦਲਦੀ। ਬੇਸ਼ੱਕ ਅੱਲਾਹ ਸੁਣਨ ਵਾਲਾ ਤੇ ਜਾਣਨ ਵਾਲਾ ਹੈ।

كَدَاْبِ اٰلِ فِرْعَوْنَ ۙ وَالَّذِيْنَ مِنْ
قَبْلِهِمْ ۭ كَذَّبُوْا بِاٰيٰتِ رَبِّهِمْ فَاَهْلَكْنٰهُمْ
بِذُنُوْبِهِمْ وَاَغْرَقْنَآ اٰلَ فِرْعَوْنَ ۚ
وَكُلٌّ كَانُوْا ظٰلِمِيْنَ ﴿54﴾

54. ਇਹਨਾਂ ਮੱਕੇ ਦੇ ਕਾਫ਼ਿਰਾਂ ਦੀਆਂ ਕਰਤੂਤਾਂ ਵੀ ਫ਼ਿਰਔਨੀਆਂ ਅਤੇ ਉਹਨਾਂ ਤੋਂ ਪਹਿਲਾਂ ਬੀਤ ਚੁੱਕੇ ਲੋਕਾਂ ਵਾਂਗ ਹੀ ਹਨ ਉਹਨਾਂ ਨੇ ਆਪਣੇ ਰੱਬ ਦੀਆਂ ਆਇਤਾਂ (ਹੁਕਮਾਂ) ਨੂੰ ਝੁਠਲਾਇਆ ਤਾਂ ਅਸਾਂ ਵੀ ਉਹਨਾਂ ਦੇ ਅਪਰਾਧਾਂ ਕਾਰਨ ਉਹਨਾਂ ਨੂੰ ਹਲਾਕ ਕਰ ਦਿੱਤਾ ਅਤੇ ਅਸੀਂ ਫ਼ਿਰਔਨੀਆਂ ਨੂੰ (ਸਮੁੰਦਰ ਵਿਚ) ਡਬੋ ਦਿੱਤਾ ਇਹ ਸਾਰੇ ਹੀ ਜ਼ਾਲਮ ਸਨ।

55. ਧਰਤੀ 'ਤੇ ਚੱਲਣ ਵਾਲੇ ਸਾਰੇ ਪ੍ਰਾਣੀਆਂ 'ਚੋਂ ਅੱਲਾਹ ਦੀਆਂ ਨਜ਼ਰਾਂ ਵਿਚ ਸਭ ਤੋਂ ਵੱਧ ਭੈੜਾ ਉਹ ਹੈ ਜਿਹੜਾ ਕੁਫ਼ਰ ਕਰਦਾ[1] ਹੈ, ਫੇਰ ਉਹ ਈਮਾਨ ਵੀ ਨਹੀਂ ਲਿਆਉਂਦਾ।

إِنَّ شَرَّ الدَّوَابِّ عِندَ اللَّهِ الَّذِينَ كَفَرُوا
فَهُمْ لَا يُؤْمِنُونَ ٥٥

56. (ਹੇ ਨਬੀ!) ਉਹ ਜਿਨ੍ਹਾਂ ਨਾਲ ਤੁਹਾਡੀ ਸੰਧੀ ਹੋਈ ਹੈ। ਫੇਰ ਵੀ ਉਹ ਹਰ ਵਾਰ ਆਪਣੀ ਸੰਧੀ ਨੂੰ ਤੋੜ ਦਿੰਦੇ ਹਨ, ਉਹ ਅੱਲਾਹ ਤੋਂ ਰਤਾ ਵੀ ਨਹੀਂ ਡਰਦੇ।

الَّذِينَ عَاهَدتَّ مِنْهُمْ ثُمَّ يَنقُضُونَ
عَهْدَهُمْ فِي كُلِّ مَرَّةٍ وَهُمْ لَا يَتَّقُونَ ٥٦

57 ਸੋ ਜਦੋਂ ਤੁਸੀਂ ਉਹਨਾਂ ਨੂੰ ਲੜਾਈ (ਦੇ ਮੈਦਾਨ) ਵਿਚ ਵੇਖੋ ਤਾਂ ਉਹਨਾਂ ਨੂੰ ਅਜਿਹੀ ਮਾਰ-ਮਾਰੋ ਕਿ ਉਹਨਾਂ (ਕਾਫ਼ਿਰਾਂ) ਦੇ ਪਿਛਲੇ ਲੋਕ (ਭਾਵ ਸਹਾਈ) ਵੀ ਨੱਸ ਜਾਣ। ਹੋ ਸਕਦਾ ਹੈ ਕਿ ਉਹ ਸਿੱਖਿਆ ਗ੍ਰਹਿਣ ਕਰ ਲੈਣ।

فَإِمَّا تَثْقَفَنَّهُمْ فِي الْحَرْبِ فَشَرِّدْ بِهِم مَّنْ
خَلْفَهُمْ لَعَلَّهُمْ يَذَّكَّرُونَ ٥٧

58. ਜੇ ਤੁਹਾਨੂੰ ਕਿਸੇ ਕੌਮ ਵੱਲੋਂ ਵਿਸ਼ਵਾਸਘਾਤ ਦਾ ਡਰ ਹੋਵੇ ਤਾਂ ਬਰਾਬਰੀ ਦੀ ਹਾਲਤ ਵਿਚ ਆ ਕੇ (ਭਾਵ ਐਲਾਨੀਆਂ) ਸੰਧੀ ਨੂੰ ਉਹਨਾਂ ਦੇ ਮੂੰਹ 'ਤੇ ਮਾਰੋ। ਅੱਲਾਹ ਵਿਸ਼ਵਾਸ ਘਾਤੀਆਂ ਨੂੰ ਪਸੰਦ ਨਹੀਂ ਕਰਦਾ।

وَإِمَّا تَخَافَنَّ مِن قَوْمٍ خِيَانَةً فَانبِذْ إِلَيْهِمْ
عَلَىٰ سَوَاءٍ ۚ إِنَّ اللَّهَ لَا يُحِبُّ الْخَائِنِينَ ٥٨

59. ਕਾਫ਼ਿਰ ਇਹ ਨਾ ਸਮਝਣ ਕਿ ਉਹ ਬੱਚ ਗਏ, ਹਕੀਕਤ ਇਹ ਹੈ ਕਿ ਉਹ (ਕਾਫ਼ਿਰ) ਕਦੇ ਵੀ (ਆਪਣੀਆਂ ਚਾਲਾਂ ਨਾਲ ਰੱਬ ਨੂੰ) ਬੇਵਸ ਨਹੀਂ ਕਰ ਸਕਦੇ।

وَلَا يَحْسَبَنَّ الَّذِينَ كَفَرُوا سَبَقُوا ۚ
إِنَّهُمْ لَا يُعْجِزُونَ ٥٩

60 (ਹੇ ਮੋਮਿਨੋ!) ਤੁਸੀਂ ਇਹਨਾਂ (ਆਪਣੇ ਵੈਰੀਆਂ) ਦੇ ਮੁਕਾਬਲੇ ਲਈ ਸਮਰਥਾ ਅਨੁਸਾਰ ਵੱਧ ਤੋਂ ਵੱਧ ਸ਼ਕਤੀਸ਼ਾਲੀ ਬਣੋ ਅਤੇ ਆਪਣੇ ਘੋੜਿਆਂ (ਭਾਵ ਸਵਾਰੀਆਂ ਆਦਿ) ਨੂੰ ਵੀ (ਸਦਾ) ਤਿਆਰ ਰੱਖੋ ਤਾਂ ਜੋ ਤੁਸੀਂ ਅੱਲਾਹ ਦੇ ਵੈਰੀਆਂ ਨੂੰ ਅਤੇ ਆਪਣੇ

وَأَعِدُّوا لَهُم مَّا اسْتَطَعْتُم مِّن قُوَّةٍ وَمِن
رِّبَاطِ الْخَيْلِ تُرْهِبُونَ بِهِ عَدُوَّ اللَّهِ وَعَدُوَّكُمْ
وَآخَرِينَ مِن دُونِهِمْ لَا تَعْلَمُونَهُمُ اللَّهُ
يَعْلَمُهُمْ ۚ وَمَا تُنفِقُوا مِن شَيْءٍ فِي سَبِيلِ اللَّهِ
يُوَفَّ إِلَيْكُمْ وَأَنتُمْ لَا تُظْلَمُونَ ٦٠

---

[1] ਭਾਵ ਜਿਹੜੇ ਆਪਣੇ ਰੱਬ (ਅੱਲਾਹ) 'ਤੇ ਈਮਾਨ ਨਹੀਂ ਰੱਖਦੇ ਉਸ ਦੀ ਇਕ ਹੋਣ ਦਾ ਇਨਕਾਰ ਕਰਦੇ ਹਨ ਅਤੇ ਉਸ ਤੋਂ ਛੁੱਟ ਹੋਰਾਂ ਦੀ ਪੂਜਾ ਕਰਦੇ ਹਨ ਉਸ ਦੇ ਪੈਗ਼ੰਬਰਾਂ ਦਾ ਇਨਕਾਰ ਕਰਦੇ ਹਨ ਅਤੇ ਅੱਲਾਹ ਦੀ ਵਹੀ 'ਤੇ ਈਮਾਨ ਰੱਖਦੇ ਹਨ।

ਵੈਰੀਆਂ ਨੂੰ ਇਹਨਾਂ (ਕਾਫ਼ਿਰਾਂ) ਤੋਂ ਛੁੱਟ ਹੋਰਾਂ (ਵੈਰੀਆਂ) ਨੂੰ ਵੀ ਭੈ ਭੀਤ ਕਰ ਸਕੋ, ਜਿਨ੍ਹਾਂ ਨੂੰ ਤੁਸੀਂ ਨਹੀਂ ਜਾਣਦੇ, ਪਰ ਅੱਲਾਹ ਉਹਨਾਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ। ਜੋ ਕੁੱਝ ਵੀ ਤੁਸੀਂ ਅੱਲਾਹ ਦੀ ਰਾਹ ਵਿਚ ਜਾਨ ਮਾਲ ਖ਼ਰਚ ਕਰੋਗੇ (ਅੱਲਾਹ ਉਸ ਦਾ) ਤੁਹਾਨੂੰ ਪੂਰਾ-ਪੂਰਾ ਬਦਲਾ ਦੇਵੇਗਾ ਬੇਸ਼ੱਕ ਤੁਹਾਡਾ ਹੱਕ ਨਹੀਂ ਰੱਖਿਆ ਜਾਵੇਗਾ।

61. (ਹੇ ਨਬੀ!) ਜੇ ਉਹ ਕਾਫ਼ਿਰ ਸੁਲਾਹ ਵੱਲ ਝੁਕਣ ਤਾਂ ਤੁਸੀਂ ਵੀ ਸੁਲਾਹ ਵੱਲ ਝੁਕੋ ਅਤੇ ਅੱਲਾਹ 'ਤੇ ਹੀ ਭਰੋਸਾ ਰੱਖੋ, ਹਕੀਕਤ ਵਿਚ ਉਹੀਓ ਸਭ ਕੁੱਝ ਸੁਣਨ ਵਾਲਾ ਤੇ ਜਾਣਨ ਵਾਲਾ ਹੈ।

وَإِنْ جَنَحُوا لِلسَّلْمِ فَاجْنَحْ لَهَا وَتَوَكَّلْ
عَلَى اللَّهِ ۚ إِنَّهُ هُوَ السَّمِيعُ الْعَلِيمُ ﴿٦١﴾

62. ਜੇ ਉਹ ਤੁਹਾਡੇ ਨਾਲ ਧੋਖਾ ਕਰਦੇ ਹਨ ਤਾਂ ਬੇਸ਼ੱਕ ਤੁਹਾਡੇ ਲਈ ਅੱਲਾਹ ਹੀ ਬਥੇਰਾ ਹੈ। (ਹੇ ਨਬੀ!) ਉਹੀਓ ਹੈ ਜਿਸ ਨੇ ਆਪਣੀ ਸਹਾਇਤਾ ਅਤੇ ਮੋਮਿਨਾਂ ਰਾਹੀਂ ਤੁਹਾਡੀ ਹਿਮਾਇਤ ਕੀਤੀ।

وَإِنْ يُرِيدُوا أَنْ يَخْدَعُوكَ فَإِنَّ حَسْبَكَ اللَّهُ ۚ
هُوَ الَّذِي أَيَّدَكَ بِنَصْرِهِ وَبِالْمُؤْمِنِينَ ﴿٦٢﴾

63 ਇਹਨਾਂ (ਮੁਸਲਮਾਨਾਂ) ਦੇ ਮਨਾਂ ਵਿਚ ਮੁਹੱਬਤ ਵੀ ਉਸੇ (ਅੱਲਾਹ) ਨੇ ਹੀ ਪਾਈ ਹੈ। (ਹੇ ਨਬੀ!) ਜੇ ਤੁਸੀਂ ਸੰਸਾਰ ਦੇ ਸਾਰੇ ਖ਼ਜ਼ਾਨੇ ਵੀ ਖ਼ਰਚ ਕਰ ਦਿੰਦੇ ਤਾਂ ਵੀ ਤੁਸੀਂ ਇਹਨਾਂ ਲੋਕਾਂ ਦੇ ਮਨਾਂ ਵਿਚ ਮੁਹੱਬਤ ਨਹੀਂ ਸੀ ਪਾ ਸਕਦੇ। ਇਹ ਮੁਹੱਬਤ ਤਾਂ (ਇਹਨਾਂ ਵਿਚ) ਅੱਲਾਹ ਨੇ ਹੀ ਪਾਈ ਹੈ। ਉਹੀਓ ਜ਼ੋਰਾਵਰ ਤੇ ਹਿਕਮਤਾਂ (ਸੂਝ-ਬੂਝ) ਵਾਲਾ ਹੈ।

وَأَلَّفَ بَيْنَ قُلُوبِهِمْ ۚ لَوْ أَنْفَقْتَ مَا فِي الْأَرْضِ
جَمِيعًا مَا أَلَّفْتَ بَيْنَ قُلُوبِهِمْ وَلَٰكِنَّ اللَّهَ
أَلَّفَ بَيْنَهُمْ ۚ إِنَّهُ عَزِيزٌ حَكِيمٌ ﴿٦٣﴾

64. ਹੇ ਨਬੀ! ਤੁਹਾਡੇ ਲਈ ਤਾਂ ਅੱਲਾਹ ਹੀ ਬਥੇਰਾ ਹੈ ਅਤੇ ਉਹਨਾਂ ਲਈ ਵੀ ਜਿਹੜੇ ਮੋਮਿਨਾਂ ਵਿੱਚੋਂ ਤੁਹਾਡੀ ਪੈਰਵੀ ਕਰਦੇ ਹਨ।

يَا أَيُّهَا النَّبِيُّ حَسْبُكَ اللَّهُ وَمَنِ اتَّبَعَكَ مِنَ
الْمُؤْمِنِينَ ﴿٦٤﴾

65. ਹੇ ਨਬੀ! ਈਮਾਨ ਵਾਲਿਆਂ ਨੂੰ (ਅੱਲਾਹ ਦੇ ਵੈਰੀਆਂ ਨਾਲ) ਯੁੱਧ (ਜਿਹਾਦ) ਕਰਨ ਲਈ ਪ੍ਰੇਰਿਤ ਕਰੋ। ਜੇ ਤੁਹਾਡੇ ਵਿੱਚੋਂ ਵੀਹ ਲੋਕ ਵੀ ਡਟਣ ਵਾਲੇ ਹਨ ਤਾਂ ਉਹ ਦੋ ਸੌ ਕਾਫ਼ਿਰਾਂ 'ਤੇ ਭਾਰੂ ਰਹਿਣਗੇ, ਜੇ ਤੁਹਾਡੇ ਇਕ ਸੌ ਹੋਣਗੇ ਤਾਂ ਇਕ ਹਜ਼ਾਰ ਕਾਫ਼ਿਰਾਂ 'ਤੇ ਭਾਰੂ ਹੋਣਗੇ, ਇਸ ਲਈ ਕਿਉਂ ਜੋ (ਕਾਫ਼ਿਰ ਤਾਂ) ਬੇਸਮਝ ਲੋਕ ਹਨ।

يٰۤاَيُّهَا النَّبِيُّ حَرِّضِ الْمُؤْمِنِيْنَ عَلَى الْقِتَالِ ؕ اِنْ يَّكُنْ مِّنْكُمْ عِشْرُوْنَ صٰبِرُوْنَ يَغْلِبُوْا مِائَتَيْنِ ۚ وَاِنْ يَّكُنْ مِّنْكُمْ مِّائَةٌ يَّغْلِبُوْۤا اَلْفًا مِّنَ الَّذِيْنَ كَفَرُوْا بِاَنَّهُمْ قَوْمٌ لَّا يَفْقَهُوْنَ ﴿65﴾

66. ਹੁਣ ਅੱਲਾਹ ਨੇ ਤੁਹਾਡਾ ਭਾਰ ਹੌਲਾ ਕਰ ਦਿੱਤਾ ਹੈ। ਉਹ ਚੰਗੀ ਤਰ੍ਹਾਂ ਜਾਣਦਾ ਹੈ ਕਿ ਤੁਹਾਡੇ ਅੰਦਰ ਅਜੇ ਕਮਜ਼ੋਰੀ ਹੈ, ਸੋ ਜੇ ਤੁਹਾਡੇ ਵਿਚ ਇਕ ਸੌ (ਮੋਮਿਨ) ਧੀਰਜ ਰੱਖਣ ਵਾਲੇ ਹੋਣਗੇ ਤਾਂ ਅੱਲਾਹ ਦੀ ਕ੍ਰਿਪਾ ਨਾਲ ਦੋ ਸੌ (ਕਾਫ਼ਿਰਾਂ) 'ਤੇ ਭਾਰੂ ਹੋਣਗੇ। ਜੇ ਤੁਹਾਡੇ ਵਿੱਚੋਂ ਇਕ ਹਜ਼ਾਰ ਡਟਣ ਵਾਲੇ ਹੋਣਗੇ ਤਾਂ ਉਹ ਅੱਲਾਹ ਦੇ ਹੁਕਮ ਨਾਲ ਦੋ ਹਜ਼ਾਰ 'ਤੇ ਭਾਰੂ ਹੋਣਗੇ। ਅੱਲਾਹ ਸਬਰ ਕਰਨ ਵਾਲਿਆਂ ਦੇ ਨਾਲ।

اَلْـٰٔنَ خَفَّفَ اللّٰهُ عَنْكُمْ وَعَلِمَ اَنَّ فِيْكُمْ ضَعْفًا ؕ فَاِنْ يَّكُنْ مِّنْكُمْ مِّائَةٌ صَابِرَةٌ يَّغْلِبُوْا مِائَتَيْنِ ۚ وَاِنْ يَّكُنْ مِّنْكُمْ اَلْفٌ يَّغْلِبُوْۤا اَلْفَيْنِ بِاِذْنِ اللّٰهِ ؕ وَاللّٰهُ مَعَ الصّٰبِرِيْنَ ﴿66﴾

67. ਕਿਸੇ ਨਬੀ ਲਈ ਇਹ ਉਚਿਤ ਨਹੀਂ ਕਿ ਉਸ ਦੇ ਕੋਲ ਕੈਦੀ ਹੋਣ ਜਦੋਂ ਤੀਕ ਕਿ ਉਹ ਧਰਤੀ 'ਤੇ ਵੈਰੀਆਂ ਨੂੰ ਚੰਗੀ ਤਰ੍ਹਾਂ ਕੁਚਲ ਨਾ ਦੇਵੇ। (ਹੇ ਮੁਸਲਮਾਨੋ!) ਤੁਸੀਂ ਤਾਂ ਸੰਸਾਰਿਕ ਲਾਭ (ਮਾਲੇ-ਗ਼ਨੀਮਤ) ਚਾਹੁੰਦੇ ਹੋ ਅਤੇ ਅੱਲਾਹ ਤੁਹਾਡੀ ਆਖ਼ਿਰਤ ਚਾਹੁੰਦਾ ਹੈ। ਅੱਲਾਹ ਜ਼ੋਰਾਵਰ ਤੇ ਹਿਕਮਤ (ਦਾਨਾਈ) ਵਾਲਾ ਹੈ।

مَا كَانَ لِنَبِيٍّ اَنْ يَّكُوْنَ لَهٗۤ اَسْرٰى حَتّٰى يُثْخِنَ فِى الْاَرْضِ ؕ تُرِيْدُوْنَ عَرَضَ الدُّنْيَا ۖۗ وَاللّٰهُ يُرِيْدُ الْاٰخِرَةَ ؕ وَاللّٰهُ عَزِيْزٌ حَكِيْمٌ ﴿67﴾

68. ਜੇ ਪਹਿਲਾਂ ਤੋਂ ਹੀ ਅੱਲਾਹ ਵੱਲੋਂ (ਤੁਹਾਡੀ ਜਿੱਤ) ਨਾ ਲਿਖੀ ਹੁੰਦੀ ਤਾਂ ਜੋ (ਫ਼ਿਦੀਆ) ਤੁਸੀਂ ਲੋਕਾਂ ਨੇ (ਬਦਰ ਦੇ ਕੈਦੀਆਂ ਤੋਂ) ਲਿਆ ਹੈ, ਉਸ ਦੇ ਬਦਲੇ ਵਿਚ ਤੁਹਾਨੂੰ ਕਰੜੀ ਸਜ਼ਾ ਦਿੱਤੀ ਜਾਂਦੀ

لَوْلَا كِتٰبٌ مِّنَ اللّٰهِ سَبَقَ لَمَسَّكُمْ فِيْمَاۤ اَخَذْتُمْ عَذَابٌ عَظِيْمٌ ﴿68﴾

69. ਸੋ, ਹੁਣ ਜੋ ਵੀ ਹਲਾਲ ਤੇ ਪਾਕ ਮਾਲੇ-ਗ਼ਨੀਮਤ ਤੁਹਾਨੂੰ ਮਿਲਿਆ ਹੈ ਉਸ ਨੂੰ ਖਾਓ ਅਤੇ ਅੱਲਾਹ ਤੋਂ ਡਰਦੇ ਰਹੋ, ਬੇਸ਼ੱਕ ਅੱਲਾਹ ਹੀ (ਭੁੱਲਾਂ ਦਾ) ਬਖ਼ਸ਼ਣਹਾਰ ਤੇ ਰਹਿਮ ਕਰਨ ਵਾਲਾ ਹੈ।

فَكُلُوا مِمَّا غَنِمْتُمْ حَلَالًا طَيِّبًا ۚ وَاتَّقُوا اللَّهَ
إِنَّ اللَّهَ غَفُورٌ رَحِيمٌ (٦٩)

70. ਹੇ ਨਬੀ! ਤੁਹਾਡੇ ਕਬਜ਼ੇ ਵਿਚ ਆਏ ਹੋਏ ਕੈਦੀਆਂ ਨੂੰ ਆਖੋ ਕਿ ਜੇ ਅੱਲਾਹ ਤੁਹਾਡੇ ਦਿਲਾਂ ਦੀ ਨੇਕ ਨਿੱਯਤੀ ਵੇਖੇਗਾ ਤਾਂ ਜੋ ਕੁੱਝ ਵੀ ਤੁਹਾਥੋਂ (ਫ਼ਿਦਿਆ) ਲਿਆ ਗਿਆ ਹੈ ਉਸ ਤੋਂ ਕੀਤੇ ਵਧੀਆ ਤੁਹਾਨੂੰ ਹੋਰ ਦੇਵੇਗਾ, ਨਾਲ ਹੀ ਤੁਹਾਡੇ ਗੁਨਾਹ ਵੀ ਮੁਆਫ਼ ਕਰੇਗਾ। ਅੱਲਾਹ ਹੀ ਬਖ਼ਸ਼ਣਹਾਰ ਤੇ ਮਿਹਰਾਂ ਵਾਲਾ ਹੈ।

يَا أَيُّهَا النَّبِيُّ قُلْ لِمَنْ فِي أَيْدِيكُمْ مِنَ الْأَسْرَىٰ
إِنْ يَعْلَمِ اللَّهُ فِي قُلُوبِكُمْ خَيْرًا يُؤْتِكُمْ خَيْرًا مِمَّا
أُخِذَ مِنْكُمْ وَيَغْفِرْ لَكُمْ ۗ وَاللَّهُ غَفُورٌ رَحِيمٌ (٧٠)

71. (ਹੇ ਨਬੀ!) ਜੇ ਉਹ ਤੁਹਾਡੇ ਨਾਲ ਖ਼ਿਆਨਤ (ਧੋਖਾ) ਕਰਨਾ ਚਾਹੁੰਦੇ ਹਨ ਤਾਂ ਇਸ ਤੋਂ ਪਹਿਲਾਂ ਉਹ ਅੱਲਾਹ ਨਾਲ ਵੀ ਧੋਖਾ ਕਰ ਚੁੱਕੇ ਹਨ ਅਤੇ ਉਸ ਨੇ ਉਹਨਾਂ ਨੂੰ ਤੁਹਾਡੇ ਕਾਬੂ ਵਿਚ ਕਰ ਦਿੱਤਾ ਹੈ। ਅੱਲਾਹ ਸਭ ਕੁੱਝ ਜਾਣਦਾ ਹੈ ਤੇ ਸੂਝ-ਬੂਝ ਵਾਲਾ ਹੈ।

وَإِنْ يُرِيدُوا خِيَانَتَكَ فَقَدْ خَانُوا اللَّهَ مِنْ
قَبْلُ فَأَمْكَنَ مِنْهُمْ ۗ وَاللَّهُ عَلِيمٌ حَكِيمٌ (٧١)

72. ਜਿਹੜੇ ਲੋਕ ਈਮਾਨ ਲਿਆਏ ਅਤੇ ਹਿਜਰਤ ਕੀਤੀ ਅਤੇ ਆਪਣੇ ਮਾਲਾਂ ਤੇ ਜਾਨਾਂ ਨਾਲ ਅੱਲਾਹ ਦੀ ਰਾਹ ਵਿਚ ਜਿਹਾਦ ਕੀਤਾ ਅਤੇ ਜਿਹੜੇ ਲੋਕਾਂ ਨੇ ਉਹਨਾਂ ਨੂੰ ਪਨਾਹ ਦਿੱਤੀ ਅਤੇ ਉਹਨਾਂ ਦੀ ਮਦਦ ਕੀਤੀ ਉਹ ਸਭ ਆਪਸ ਵਿਚ ਇਕ ਦੂਜੇ ਦੇ ਦੋਸਤ ਹਨ। ਜਿਹੜੇ ਈਮਾਨ ਤਾਂ ਲੈ ਆਏ ਹਨ ਪਰ ਹਿਜਰਤ ਨਹੀਂ ਕੀਤੀ ਉਹਨਾਂ ਨਾਲ ਤੁਹਾਡਾ ਕੋਈ ਦੋਸਤਾਨਾ ਨਹੀਂ ਜਦੋਂ ਤੀਕ ਕਿ ਉਹ ਹਿਜਰਤ ਨਾ ਕਰ ਲੈਣ। ਹਾਂ! ਜੇ ਉਹ ਦੀਨ ਦੇ ਮਾਮਲੇ ਵਿਚ ਤੁਹਾਡੀ ਕੋਈ ਸਹਾਇਤਾ ਚਾਹੁੰਦੇ ਹਨ ਤਾਂ ਉਹਨਾਂ

إِنَّ الَّذِينَ آمَنُوا وَهَاجَرُوا وَجَاهَدُوا بِأَمْوَالِهِمْ
وَأَنْفُسِهِمْ فِي سَبِيلِ اللَّهِ وَالَّذِينَ آوَوْا
وَنَصَرُوا أُولَٰئِكَ بَعْضُهُمْ أَوْلِيَاءُ بَعْضٍ ۚ
وَالَّذِينَ آمَنُوا وَلَمْ يُهَاجِرُوا مَا لَكُمْ مِنْ
وَلَايَتِهِمْ مِنْ شَيْءٍ حَتَّىٰ يُهَاجِرُوا ۚ وَإِنِ
اسْتَنْصَرُوكُمْ فِي الدِّينِ فَعَلَيْكُمُ النَّصْرُ إِلَّا
عَلَىٰ قَوْمٍ بَيْنَكُمْ وَبَيْنَهُمْ مِيثَاقٌ ۗ وَاللَّهُ
بِمَا تَعْمَلُونَ بَصِيرٌ (٧٢)

ਦੀ ਮਦਦ ਕਰਨਾ ਤੁਹਾਡੇ ਲਈ ਜ਼ਰੂਰੀ ਹੈ, ਛੁੱਟ ਉਹਨਾਂ ਦੇ ਮੁਕਾਬਲੇ ਵਿਚ ਜਿਨ੍ਹਾਂ ਨਾਲ ਤੁਹਾਡੀ ਸੰਧੀ ਹੋ ਚੁੱਕੀ ਹੈ, ਤੁਸੀਂ ਜੋ ਵੀ ਕਰਦੇ ਹੋ ਅੱਲਾਹ ਚੰਗੀ ਤਰ੍ਹਾਂ ਵੇਖਦਾ ਹੈ।

73. ਕਾਫ਼ਿਰ ਆਪਸ ਵਿਚ ਇਕ ਦੂਜੇ ਦੇ ਦੋਸਤ ਹਨ[1] (ਹੇ ਮੋਮਿਨੋ) ਜੇ ਤੁਸੀਂ ਵੀ ਇਸ ਹੀ (ਕਾਫ਼ਿਰਾਂ ਵਾਂਗ) ਮਿੱਤਰਤਾ ਨਾ ਕੀਤੀ ਤਾਂ ਧਰਤੀ ਉੱਤੇ ਬਹੁਤ ਵੱਡਾ ਵਿਗਾੜ ਹੋ ਜਾਵੇਗਾ।

وَالَّذِينَ كَفَرُوا بَعْضُهُمْ أَوْلِيَاءُ بَعْضٍ ۚ إِلَّا تَفْعَلُوهُ تَكُن فِتْنَةٌ فِي الْأَرْضِ وَفَسَادٌ كَبِيرٌ ٧٣

74. ਜਿਹੜੇ ਲੋਕ ਈਮਾਨ ਲਿਆਏ, ਹਿਜਰਤ ਕੀਤੀ ਅਤੇ ਅੱਲਾਹ ਦੀ ਰਾਹ ਵਿਚ ਜਿਹਾਦ ਵੀ ਕੀਤਾ ਅਤੇ ਜਿਨ੍ਹਾਂ ਨੇ ਉਹਨਾਂ ਨੂੰ ਸ਼ਰਨ ਦਿੱਤੀ ਅਤੇ ਉਹਨਾਂ ਮਦਦ ਵੀ ਕੀਤੀ ਅਸਲ ਵਿੱਚ ਸੱਚੇ ਮੋਮਿਨ ਤਾਂ ਇਹੋ ਹਨ। ਇਹਨਾਂ ਲਈ ਬਖ਼ਸ਼ਿਸ਼ ਹੈ ਅਤੇ ਇੱਜ਼ਤ ਵਾਲੀ ਰੋਜ਼ੀ ਹੈ।

وَالَّذِينَ آمَنُوا وَهَاجَرُوا وَجَاهَدُوا فِي سَبِيلِ اللَّهِ وَالَّذِينَ آوَوا وَّنَصَرُوا أُولَٰئِكَ هُمُ الْمُؤْمِنُونَ حَقًّا ۚ لَّهُم مَّغْفِرَةٌ وَرِزْقٌ كَرِيمٌ ٧٤

---

1 ਤਫ਼ਸੀਰ ਤਿਬਰੀ ਵਿਚ ਬਿਆਨ ਕੀਤਾ ਗਿਆ ਹੈ ਕਿ ਇਸ ਆਇਤ ਦੀ ਸਭ ਤੋਂ ਵਧੀਆ ਤਫ਼ਸੀਰ ਵਿਆਖਿਆ ਇਹ ਹੈ ਕਿ ਜੇ ਤੁਸੀਂ ਉਹ ਕੁੱਝ ਨਹੀਂ ਕਰੋਗੇ ਜਿਹੜਾ ਮੈਂ ਤੁਹਾਨੂੰ ਹੁਕਮ ਦਿੱਤਾ ਹੈ ਭਾਵ ਤੁਸੀਂ ਦੁਨੀਆਂ ਭਰ ਦੇ ਮੁਸਲਮਾਨ ਅੱਲਾਹ ਦੇ ਦੀਨ ਨੂੰ ਲਾਗੂ ਅਤੇ ਜਿੱਤਣ ਲਈ ਇਕ ਜੁੱਟ ਹੋ ਕੇ ਇਕ ਦੂਜੇ ਦੇ ਹਾਮੀ ਅਤੇ ਸਹਾਈ ਨਹੀਂ ਬਣੋਗੇ ਤਾਂ ਦੁਨੀਆਂ ਵਿਚ ਫ਼ਿਤਨਾ ਫ਼ਸਾਦ ਫ਼ੈਲ ਜਾਵੇਗਾ ਅਤੇ ਇਕ ਹੀ ਸਮੇਂ ਵਿਚ ਕਈ ਖ਼ਲੀਫ਼ਾ (ਹੁਕਮਰਾਨ) ਦਾ ਹੋਣਾ ਵੀ ਫ਼ਿਤਨਾ ਹੀ ਹੈ ਜਿਵੇਂ ਇਕ ਹਦੀਸ ਵਿਚ ਹੈ ਕਿ ਸਹੀ ਮੁਸਲਿਮ ਦੀ ਹੈ, ਅਰਫ਼ਜਾਹ ਵੱਲੋਂ ਬਿਆਨ ਕੀਤੀ ਗਈ ਹੈ, ਉਹ ਕਹਿੰਦੇ ਹਨ ਕਿ ਮੈਂਨੇ ਨਬੀ ਕਰੀਮ (ਸ:) ਨੂੰ ਇਹ ਫ਼ਰਮਾਉਂਦੇ ਸੁਣਿਆ ਹੈ ਕਿ ਜਦੋਂ ਤੁਸੀਂ ਸਾਰੇ ਮੁਸਲਮਾਨ ਇਕ ਖ਼ਲੀਫ਼ਾ ਦੀ ਅਗਵਾਈ ਵਿਚ ਜਮਾਂ ਹੋ ਜਾਵੋਗੇ ਅਤੇ ਕੋਈ ਵਿਅਕਤੀ ਤੁਹਾਡੇ ਵਿਚ ਫ਼ਿਤਨਾ ਫ਼ੈਲਾ ਕੇ ਤੁਹਾਨੂੰ ਅੱਡ-ਅੱਡ ਕਰਨਾ ਚਾਹਵੇ ਤਾਂ ਅਜਿਹੇ ਵਿਅਕਤੀ ਦੀ ਗਰਦਨ ਵੱਢ ਦਿਓ (ਸਹੀ ਮੁਸਲਿਮ, ਹਦੀਸ 1852) ਇਕ ਦੂਜੀ ਹਦੀਸ ਵਿਚ ਨਬੀ ਕਰੀਮ (ਸ:) ਨੇ ਫ਼ਰਮਾਇਆ ਜੇ ਦੁਨੀਆਂ ਦੇ ਮੁਸਲਮਾਨ ਦੋ ਖ਼ਲੀਫ਼ਿਆਂ (ਹਾਕਮਾਂ) 'ਤੇ ਬੈਅਤ ਭਾਵ ਕਬੂਲ ਕਰ ਲੈਣ ਤਾਂ ਇਹਨਾਂ ਵਿਚ ਜਿਸ ਦੇ ਹੱਥ 'ਤੇ ਪਹਿਲਾਂ ਬੈਅਤ ਕੀਤੀ ਜਾਵੇ ਉਹੀਓ ਖ਼ਲੀਫ਼ਾ ਬਣ ਬਾਕੀ ਰਹੇਗਾ ਜਦ ਕਿ ਦੂਜੇ ਨੂੰ ਕਤਲ ਕਰ ਦਿੱਤਾ ਜਾਵੇਗਾ। (ਸਹੀ ਮੁਸਲਿਮ, ਹਦੀਸ 1853)

• ਕੁਰਆਨ ਤੇ ਹਦੀਸ ਦੀਆਂ ਇਹਨਾਂ ਦਲੀਲਾਂ ਤੋਂ ਇਹੋ ਪਤਾ ਚਲਦਾ ਹੈ ਕਿ ਇਹ ਕਾਨੂੰਨੀ ਫ਼ਰਜ਼ ਹੈ ਕਿ ਇਕ ਸਮੇਂ ਵਿਚ ਸਾਰੀ ਇਸਲਾਮੀ ਦੁਨੀਆਂ ਲਈ ਇਕ ਤੋਂ ਵੱਧ ਖ਼ਲੀਫ਼ਾ ਨਹੀਂ ਹੋਣਾ ਚਾਹੀਦਾ ਨਹੀਂ ਤਾਂ ਮੁਸਲਮਾਨਾਂ ਵਿਚ ਇਕ ਵੱਡਾ ਫ਼ਿਤਨਾ ਪੈਦਾ ਹੋ ਜਾਵੇਗਾ ਜਿਸ ਦੇ ਸਿੱਟੇ ਬਹੁਤ ਹੀ ਖ਼ਤਰਨਾਕ ਹੋਣਗੇ।

75. ਅਤੇ ਜਿਹੜੇ ਲੋਕ (ਹਿਜਰਤ ਤੋਂ) ਬਾਅਦ ਈਮਾਨ ਲਿਆਏ, ਫੇਰ ਉਹਨਾਂ ਨੇ ਹਿਜਰਤ ਵੀ ਕੀਤੀ ਅਤੇ ਤੁਹਾਡੇ ਨਾਲ ਮਿਲਕੇ ਜਿਹਾਦ ਵੀ ਕੀਤਾ, ਉਹ ਲੋਕ ਵੀ ਤੁਹਾਡੇ ਵਿੱਚੋਂ ਹੀ ਹਨ। ਪਰ ਅੱਲਾਹ ਦੀ ਕਿਤਾਬ (ਕੁਰਆਨ) ਅਨੁਸਾਰ ਖ਼ੂਨ ਦੇ ਰਿਸ਼ਤੇ ਇਕ ਦੂਜੇ ਦਾ ਵਧੇਰੇ ਹੱਕ ਰੱਖਦੇ ਹਨ। ਬੇਸ਼ੱਕ ਅੱਲਾਹ ਹਰ ਚੀਜ਼ ਦਾ ਜਾਣਨ ਵਾਲਾ ਹੈ।

وَالَّذِينَ آمَنُوا مِن بَعْدُ وَهَاجَرُوا وَجَاهَدُوا مَعَكُمْ فَأُولَٰئِكَ مِنكُمْ ۚ وَأُولُو الْأَرْحَامِ بَعْضُهُمْ أَوْلَىٰ بِبَعْضٍ فِي كِتَابِ اللَّهِ ۗ إِنَّ اللَّهَ بِكُلِّ شَيْءٍ عَلِيمٌ ﴿٧٥﴾

9. ਸੂਰਤ ਅਤ-ਤੌਬਾ (ਮਦਨੀ-113)

سُورَةُ التَّوْبَةِ

(ਆਇਤਾਂ 129, ਰੁਕੂਅ 16)

1. (ਹੇ ਮੁਸਲਮਾਨੋ!) ਜਿਨ੍ਹਾਂ ਮੁਸ਼ਰਿਕਾਂ ਨਾਲ ਤੁਸੀਂ ਸੰਧੀ ਕਰ ਰੱਖੀ ਹੈ, ਅੱਲਾਹ ਤੇ ਉਸ ਦੇ ਰਸੂਲ (ਹਜ਼ਰਤ ਮੁਹੰਮਦ ਸ:) ਵੱਲੋਂ ਉਹਨਾਂ ਨੂੰ ਕੋਰਾ ਜਵਾਬ ਹੈ।

بَرَاءَةٌ مِّنَ اللَّهِ وَرَسُولِهِ إِلَى الَّذِينَ عَاهَدتُّم مِّنَ الْمُشْرِكِينَ ﴿١﴾

2. ਸੋ (ਹੇ ਮੁਸ਼ਰਿਕੋ!) ਤੁਸੀਂ ਲੋਕ ਦੇਸ਼ (ਮੱਕੇ) ਵਿਚ ਚਾਰ ਮਹੀਨੇ ਤਕ ਤੁਰ ਫਿਰ ਲਵੋ ਅਤੇ ਇਹ ਜਾਣ ਲਓ ਕਿ ਤੁਸੀਂ ਅੱਲਾਹ ਨੂੰ ਬੇਵਸ ਨਹੀਂ ਕਰ ਸਕਦੇ ਅਤੇ ਇਹ ਵੀ (ਚੇਤੇ ਰੱਖੋ) ਕਿ ਅੱਲਾਹ ਕਾਫ਼ਿਰਾਂ ਨੂੰ ਜ਼ਲੀਲ ਕਰਨ ਵਾਲਾ ਹੈ।

فَسِيحُوا فِي الْأَرْضِ أَرْبَعَةَ أَشْهُرٍ وَاعْلَمُوا أَنَّكُمْ غَيْرُ مُعْجِزِي اللَّهِ ۙ وَأَنَّ اللَّهَ مُخْزِي الْكَافِرِينَ ﴿٢﴾

3. ਅੱਲਾਹ ਤੇ ਉਹਦੇ ਰਸੂਲ ਵੱਲੋਂ ਲੋਕਾਂ ਨੂੰ ਵੱਡੇ ਹੱਜ ਦੇ ਦਿਨ ਸੂਚਿਤ ਕੀਤਾ ਜਾਂਦਾ ਹੈ ਕਿ ਅੱਲਾਹ ਅਤੇ ਉਸ ਦੇ ਰਸੂਲ ਦੀ ਮੁਸ਼ਰਿਕਾਂ ਪ੍ਰਤੀ ਕੋਈ ਜ਼ਿੰਮੇਵਾਰੀ ਨਹੀਂ, ਪਰ ਜੇ ਤੁਸੀਂ ਲੋਕ ਹੁਣ ਵੀ ਤੌਬਾ ਕਰ ਲਵੋ ਤਾਂ ਇਹੋ ਤੁਹਾਡੇ ਹੱਕ ਵਿਚ ਚੰਗੀ ਗੱਲ ਹੈ। ਜੇ ਤੁਸੀਂ ਸੱਚਾਈ ਤੋਂ ਮੂੰਹ ਮੋੜਦੇ ਹੋ ਤਾਂ ਖ਼ਬਰਦਾਰ ਰਹੋ ਕਿ ਤੁਸੀਂ ਅੱਲਾਹ ਨੂੰ ਹਰਾ ਨਹੀਂ ਸਕਦੇ। (ਹੇ ਨਬੀ!) ਤੁਸੀਂ ਕਾਫ਼ਿਰਾਂ ਨੂੰ ਦੁਖਦਾਈ ਅਜ਼ਾਬ ਦੀ ਖ਼ਬਰ ਸੁਣਾ ਦਿਓ।

وَأَذَانٌ مِّنَ اللَّهِ وَرَسُولِهِ إِلَى النَّاسِ يَوْمَ الْحَجِّ الْأَكْبَرِ أَنَّ اللَّهَ بَرِيءٌ مِّنَ الْمُشْرِكِينَ ۙ وَرَسُولُهُ ۚ فَإِن تُبْتُمْ فَهُوَ خَيْرٌ لَّكُمْ ۖ وَإِن تَوَلَّيْتُمْ فَاعْلَمُوا أَنَّكُمْ غَيْرُ مُعْجِزِي اللَّهِ ۗ وَبَشِّرِ الَّذِينَ كَفَرُوا بِعَذَابٍ أَلِيمٍ ﴿٣﴾

4. ਪਰ (ਹੇ ਮੁਸਲਮਾਨੋ!) ਉਹਨਾਂ ਮੁਸ਼ਰਿਕਾਂ ਤੋਂ ਜਿਨ੍ਹਾਂ ਨਾਲ ਤੁਹਾਡਾ ਸਮਝੌਤਾ ਹੋ ਚੁੱਕਿਆ ਹੈ ਅਤੇ ਉਹਨਾਂ ਨੇ ਤੁਹਾਡਾ ਸਾਥ ਨਿਭਾਉਣ ਵਿਚ ਕੋਈ ਕਸਰ ਵੀ ਨਹੀਂ ਛੱਡੀ ਅਤੇ ਨਾ ਹੀ ਤੁਹਾਡੇ ਵਿਰੁੱਧ ਕਿਸੇ ਦੀ ਮਦਦ ਕੀਤੀ ਹੈ ਤਾਂ ਤੁਸੀਂ ਉਹਨਾਂ ਦੇ ਨਾਲ ਸਮਝੌਤੇ ਦੀ ਮਿਥੀ ਹੋਈ ਮੁੱਦਤ ਪੂਰੀ ਕਰੋ। ਅੱਲਾਹ ਪਰਹੇਜ਼ਗਾਰਾਂ ਨੂੰ ਪਸੰਦ ਕਰਦਾ ਹੈ।

إِلَّا الَّذِينَ عَاهَدتُّم مِّنَ الْمُشْرِكِينَ ثُمَّ لَمْ
يَنقُصُوكُمْ شَيْئًا وَلَمْ يُظَاهِرُوا عَلَيْكُمْ أَحَدًا
فَأَتِمُّوا إِلَيْهِمْ عَهْدَهُمْ إِلَىٰ مُدَّتِهِمْ ۚ إِنَّ اللَّهَ
يُحِبُّ الْمُتَّقِينَ ﴿٤﴾

5. ਜਦੋਂ ਹਰਾਮ (ਵਰਜੇ ਹੋਏ) ਮਹੀਨੇ ਲੰਘ ਜਾਣ ਤਾਂ ਤੁਸੀਂ ਮੁਸ਼ਰਿਕਾਂ ਨੂੰ ਜਿੱਥੇ ਵੀ ਵੇਖੋ ਉਹਨਾਂ ਨੂੰ ਕਤਲ ਕਰ ਦਿਓ, ਉਹਨਾਂ ਨੂੰ ਫੜੋ ਅਤੇ ਉਹਨਾਂ ਦਾ ਘੇਰਾਓ ਕਰੋ, ਉਹਨਾਂ ਦੀ ਘਾਤ ਵਿਚ ਹਰੇਕ ਘਾਟੀ ਵਿਚ ਜਾਓ,[1] ਹਾਂ! ਜੇ ਉਹ ਤੌਬਾ ਕਰ ਲੈਣ ਤੇ ਨਮਾਜ਼ ਦੇ ਪਾਬੰਦ ਹੋ ਜਾਣ ਅਤੇ ਜ਼ਕਾਤ ਦੇਣ ਲੱਗ ਜਾਣ ਤਾਂ (ਹੇ ਮੁਸਲਮਾਨੋ!) ਤੁਸੀਂ ਉਹਨਾਂ ਨੂੰ ਛੱਡ ਦਿਓ। ਬੇਸ਼ੱਕ ਅੱਲਾਹ ਮਿਹਰਾਂ ਕਰਨ ਵਾਲਾ ਤੇ ਬਖ਼ਸ਼ਣਹਾਰ ਹੈ।

فَإِذَا انسَلَخَ الْأَشْهُرُ الْحُرُمُ فَاقْتُلُوا
الْمُشْرِكِينَ حَيْثُ وَجَدتُّمُوهُمْ وَخُذُوهُمْ
وَاحْصُرُوهُمْ وَاقْعُدُوا لَهُمْ كُلَّ مَرْصَدٍ ۚ فَإِن
تَابُوا وَأَقَامُوا الصَّلَاةَ وَآتَوُا الزَّكَاةَ فَخَلُّوا
سَبِيلَهُمْ ۚ إِنَّ اللَّهَ غَفُورٌ رَّحِيمٌ ﴿٥﴾

6. (ਹੇ ਨਬੀ!) ਜੇ ਮੁਸ਼ਰਿਕਾਂ ਵਿੱਚੋਂ ਕੋਈ ਵੀ ਵਿਅਕਤੀ ਤੁਹਾਥੋਂ ਸ਼ਰਨ ਮੰਗੇ ਤਾਂ ਉਸ ਨੂੰ ਸ਼ਰਨ ਵਿਚ ਲੈ ਲਓ ਜਦੋਂ ਉਹ ਅੱਲਾਹ ਦਾ ਕਲਾਮ (ਕ਼ੁਰਆਨ) ਸੁਣ ਲਵੇ ਤਾਂ ਫੇਰ ਉਸ (ਮੁਸ਼ਰਿਕ) ਨੂੰ ਉਸ ਦੇ ਸੁਰੱਖਿਅਤ ਟਿਕਾਣੇ 'ਤੇ ਪਹੁੰਚਾ ਦਿਓ। ਇੰਜ ਇਸ ਲਈ (ਕਰਨਾ) ਹੈ ਕਿਉਂ ਜੋ ਇਹ ਲੋਕ ਗਿਆਨ ਨਹੀਂ ਰੱਖਦੇ।

وَإِنْ أَحَدٌ مِّنَ الْمُشْرِكِينَ اسْتَجَارَكَ
فَأَجِرْهُ حَتَّىٰ يَسْمَعَ كَلَامَ اللَّهِ ثُمَّ أَبْلِغْهُ
مَأْمَنَهُ ۚ ذَٰلِكَ بِأَنَّهُمْ قَوْمٌ لَّا يَعْلَمُونَ ﴿٦﴾

7. ਭਲਾ ਮੁਸ਼ਰਿਕਾਂ ਲਈ ਅੱਲਾਹ ਅਤੇ ਉਸ ਦੇ ਰਸੂਲ ਦੀਆਂ ਨਜ਼ਰਾਂ ਵਿਚ ਕੋਈ ਸੰਧੀ-ਸਮਝੌਤਾ ਕਿਵੇਂ ਰਹਿ ਸਕਦਾ ਹੈ, ਛੁੱਟ ਉਹਨਾਂ ਦੇ ਜਿਨ੍ਹਾਂ ਨਾਲ ਤੁਸੀਂ ਮਸਜਿਦੇ-ਹਰਾਮ (ਖ਼ਾਨਾ-ਕਾਅਬਾ) ਲਾਗੇ ਸਮਝੌਤਾ ਕੀਤਾ ਸੀ। ਜਦ ਉਹ ਲੋਕ ਤੁਹਾਡੇ ਨਾਲ

كَيْفَ يَكُونُ لِلْمُشْرِكِينَ عَهْدٌ عِندَ اللَّهِ وَعِندَ
رَسُولِهِ إِلَّا الَّذِينَ عَاهَدتُّمْ عِندَ الْمَسْجِدِ
الْحَرَامِ ۖ فَمَا اسْتَقَامُوا لَكُمْ فَاسْتَقِيمُوا لَهُمْ ۚ
إِنَّ اللَّهَ يُحِبُّ الْمُتَّقِينَ ﴿٧﴾

1 ਵੇਖੋ ਸੂਰਤ ਅਲ-ਬਕ਼ਰਹ, ਹਾਸ਼ੀਆ ਆਇਤ 119/2

ਸਮਝੌਤਾ ਨਿਭਾਉਣ, ਤੁਸੀਂ ਵੀ ਉਹਨਾਂ ਨਾਲ ਸੰਧੀ ਨਿਭਾਓ। ਅੱਲਾਹ ਡਰ-ਭੌ ਮੰਨਣ ਵਾਲਿਆਂ ਨੂੰ ਪਸੰਦ ਕਰਦਾ ਹੈ।[1]

8. (ਹੇ ਨਬੀ! ਇਹਨਾਂ ਮੁਸ਼ਰਿਕਾਂ ਨਾਲ ਸੰਧੀ ਕਿਵੇਂ ਹੋ ਸਕਦੀ ਹੈ) ਜਦ ਕਿ ਉਹਨਾਂ ਦਾ ਹਾਲ ਤਾਂ ਇਹ ਹੈ ਕਿ ਜੇ ਉਹ ਤੁਹਾਡੇ 'ਤੇ ਭਾਰੂ ਹੋ ਜਾਣ ਤਾਂ ਨਾ ਤਾਂ ਉਹ ਤੁਹਾਡੇ ਮਾਮਲੇ ਵਿਚ ਕਿਸੇ ਰਿਸ਼ਤੇ ਨਾਤੇ ਦੀ ਪਰਵਾਹ ਕਰਨ ਨਾ ਹੀ ਆਪਣੇ ਕਿਸੇ ਸੰਧੀ ਸਮਝੌਤੇ ਦੀ। ਉਹ ਆਪਣੀਆਂ ਗੱਲਾਂ ਨਾਲ ਹੀ ਤੁਹਾਨੂੰ ਖ਼ੁਸ਼ ਕਰਨ ਵਿਚ ਲੱਗੇ ਹੋਏ ਹਨ, ਪਰ ਦਿਲ ਤੋਂ ਇਨਕਾਰ ਕਰਦੇ ਹਨ। ਇਹਨਾਂ ਵਿੱਚੋਂ ਬਹੁਤੇ ਨਾ-ਫ਼ਰਮਾਨ ਹਨ।

كَيْفَ وَإِن يَظْهَرُوا عَلَيْكُمْ لَا يَرْقُبُوا فِيكُمْ إِلًّا وَلَا ذِمَّةً ۚ يُرْضُونَكُم بِأَفْوَاهِهِمْ وَتَأْبَىٰ قُلُوبُهُمْ وَأَكْثَرُهُمْ فَاسِقُونَ ﴿٨﴾

9. ਉਹਨਾਂ (ਮੁਸ਼ਰਿਕਾਂ) ਨੇ ਅੱਲਾਹ ਦੀਆਂ ਆਇਤਾਂ (ਆਦੇਸ਼ਾਂ) ਨੂੰ ਬਹੁਤ ਹੀ ਥੋੜ੍ਹੀ ਕੀਮਤ 'ਤੇ ਵੇਚ ਸੁੱਟਿਆ ਹੈ ਅਤੇ ਦੂਜੇ ਲੋਕਾਂ ਨੂੰ ਵੀ ਉਸ (ਅੱਲਾਹ) ਦੀ ਰਾਹ ਤੋਂ ਰੋਕਦੇ ਹਨ। ਬਹੁਤ ਹੀ ਭੈੜੀਆਂ ਕਰਤੂਤਾਂ ਹਨ, ਜੋ ਉਹ ਕਰ ਰਹੇ ਹਨ।

اشْتَرَوْا بِآيَاتِ اللَّهِ ثَمَنًا قَلِيلًا فَصَدُّوا عَن سَبِيلِهِ ۚ إِنَّهُمْ سَاءَ مَا كَانُوا يَعْمَلُونَ ﴿٩﴾

10. ਉਹ (ਮੁਸ਼ਰਿਕ) ਤਾਂ ਕਿਸੇ ਮੁਸਲਮਾਨ ਦੇ ਮਾਮਲੇ ਵਿਚ ਨਾ ਤਾਂ ਕਿਸੇ ਰਿਸ਼ਤੇਦਾਰੀ ਦੀ ਪਰਵਾਹ ਕਰਦੇ ਹਨ ਅਤੇ ਨਾ ਹੀ ਕਿਸੇ ਸਮਝੌਤੇ ਦਾ ਲਿਹਾਜ਼ ਰੱਖਦੇ ਹਨ। ਇਹ ਲੋਕ ਤਾਂ ਹੱਦਾਂ ਟੱਪਣ ਵਾਲੇ ਹਨ।

لَا يَرْقُبُونَ فِي مُؤْمِنٍ إِلًّا وَلَا ذِمَّةً ۚ وَأُولَٰئِكَ هُمُ الْمُعْتَدُونَ ﴿١٠﴾

11. ਜੇ ਹੁਣ ਵੀ ਇਹ ਤੌਬਾ ਕਰ ਲੈਣ, ਨਮਾਜ਼ ਦੀ ਪਾਬੰਦੀ ਕਰਨ ਅਤੇ ਜ਼ਕਾਤ ਅਦਾ ਕਰਦੇ ਰਹਿਣ ਤਾਂ ਇਹ ਤੁਹਾਡੇ ਦੀਨੀ ਭਰਾ ਹਨ। ਅਸੀਂ (ਅੱਲਾਹ) ਤਾਂ ਆਪਣੀਆਂ ਆਇਤਾਂ (ਆਦੇਸ਼ਾਂ) ਦਾ ਗਿਆਨ

فَإِن تَابُوا وَأَقَامُوا الصَّلَاةَ وَآتَوُا الزَّكَاةَ فَإِخْوَانُكُمْ فِي الدِّينِ ۗ وَنُفَصِّلُ الْآيَاتِ لِقَوْمٍ يَعْلَمُونَ ﴿١١﴾

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 2/2

ਰੱਖਣ ਵਾਲਿਆਂ ਲਈ ਖੋਲ੍ਹ-ਖੋਲ੍ਹ ਕੇ ਬਿਆਨ ਕਰ ਰਹੇ ਹਾਂ।

12. ਜੇ ਉਹ ਸਮਝੌਤੇ ਕਰਨ ਮਗਰੋਂ ਆਪਣੀਆਂ ਕਸਮਾਂ ਤੋੜ ਦੇਣ ਅਤੇ ਤੁਹਾਡੇ ਦੀਨ ਉੱਤੇ ਹਮਲੇ ਕਰਨ ਤਾਂ ਤੁਸੀਂ ਵੀ ਉਹਨਾਂ ਕੁਫ਼ਰ ਦੇ ਸਰਦਾਰਾਂ ਨਾਲ ਭਿੜ ਜਾਓ, ਉਹਨਾਂ ਦੀਆਂ ਕਸਮਾਂ ਦਾ ਕੁੱਝ ਵੀ ਭਰੋਸਾ ਨਹੀਂ ਹੋ ਸਕਦਾ ਸ਼ਾਇਦ ਉਹ (ਆਪਣੀਆਂ ਹਰਕਤਾਂ ਤੋਂ) ਬਾਜ਼ ਆ ਜਾਣ।

وَإِنْ نَكَثُوٓا أَيْمَانَهُمْ مِنْ بَعْدِ عَهْدِهِمْ وَطَعَنُوا فِي دِينِكُمْ فَقَاتِلُوٓا أَئِمَّةَ الْكُفْرِ إِنَّهُمْ لَآ أَيْمَانَ لَهُمْ لَعَلَّهُمْ يَنْتَهُونَ ﴿١٢﴾

13. (ਹੇ ਮੁਸਲਮਾਨੋ!) ਕੀ ਤੁਸੀਂ ਉਹਨਾਂ (ਕਾਫ਼ਿਰਾਂ) ਨਾਲ ਨਹੀਂ ਲੜੋਗੇ ਜਿਨ੍ਹਾਂ ਨੇ ਆਪਣੀਆਂ ਕਸਮਾਂ ਨੂੰ ਤੋੜਿਆ ਅਤੇ ਪੈਗ਼ੰਬਰ (ਮੁਹੰਮਦ ਸ:) ਨੂੰ (ਮੱਕੇ ਸ਼ਹਿਰ ਤੋਂ) ਦੇਸ਼ ਨਿਕਾਲਾ ਦੇਣ ਦਾ ਇਰਾਦਾ ਕੀਤਾ ਅਤੇ ਉਹਨਾਂ ਨੇ ਹੀ ਪਹਿਲਾਂ ਤੁਹਾਡੇ ਨਾਲ ਲੜਾਈ ਆਰੰਭ ਕੀਤੀ? ਕੀ ਤੁਸੀਂ ਉਹਨਾਂ ਤੋਂ ਡਰਦੇ ਹੋ? ਜੇ ਤੁਸੀਂ ਈਮਾਨ ਵਾਲੇ ਹੋ ਤਾਂ ਤੁਸੀਂ ਅੱਲਾਹ ਤੋਂ ਹੀ ਡਰੋ ਉਹੀਓ ਇਸ ਦਾ ਵੱਧ ਹੱਕ ਰੱਖਦਾ ਹੈ।

أَلَا تُقَاتِلُونَ قَوْمًا نَكَثُوٓا أَيْمَانَهُمْ وَهَمُّوا بِإِخْرَاجِ الرَّسُولِ وَهُمْ بَدَءُوكُمْ أَوَّلَ مَرَّةٍ ۚ أَتَخْشَوْنَهُمْ ۚ فَاللَّهُ أَحَقُّ أَنْ تَخْشَوْهُ إِنْ كُنْتُمْ مُؤْمِنِينَ ﴿١٣﴾

14. ਤੁਸੀਂ ਉਹਨਾਂ ਨਾਲ ਜੰਗ ਕਰੋ ਅੱਲਾਹ ਉਹਨਾਂ ਨੂੰ ਤੁਹਾਡੇ ਹੱਥੋਂ ਅਜ਼ਾਬ (ਸਜ਼ਾ) ਦੁਆਵੇਗਾ, ਉਹਨਾਂ ਨੂੰ ਜ਼ਲੀਲ ਤੇ ਰੁਸਵਾ ਕਰੇਗਾ, ਤੁਹਾਨੂੰ ਉਹਨਾਂ 'ਤੇ ਜਿੱਤ ਪ੍ਰਦਾਨ ਕਰੇਗਾ ਅਤੇ ਮੋਮਿਨਾਂ ਦੇ ਹਿਰਦਿਆਂ ਨੂੰ ਸ਼ਾਂਤ ਕਰੇਗਾ।

قَاتِلُوهُمْ يُعَذِّبْهُمُ اللَّهُ بِأَيْدِيكُمْ وَيُخْزِهِمْ وَيَنْصُرْكُمْ عَلَيْهِمْ وَيَشْفِ صُدُورَ قَوْمٍ مُؤْمِنِينَ ﴿١٤﴾

15. ਅਤੇ ਉਹ ਉਹਨਾਂ ਦੇ ਮਨਾਂ ਵਿੱਚੋਂ ਕਰੋਧ ਨੂੰ ਦੂਰ ਕਰੇਗਾ। ਅੱਲਾਹ ਜਿਸ ਵੱਲ ਵੀ ਚਾਹੁੰਦਾ ਹੈ ਆਪਣੀਆਂ ਮਿਹਰਾਂ ਸਹਿਤ ਧਿਆਨ ਦਿੰਦਾ ਹੈ। ਅੱਲਾਹ ਸਭ ਕੁੱਝ ਜਾਣਨ ਵਾਲਾ ਤੇ ਹਿਕਮਤ ਵਾਲਾ ਹੈ।

وَيُذْهِبْ غَيْظَ قُلُوبِهِمْ ۗ وَيَتُوبُ اللَّهُ عَلَىٰ مَنْ يَشَاءُ ۗ وَاللَّهُ عَلِيمٌ حَكِيمٌ ﴿١٥﴾

16. (ਹੇ ਮੁਸ਼ਰਿਕੋ ਤੇ ਕਾਫ਼ਿਰੋ!) ਕੀ ਤੁਸੀਂ ਇਹ ਸਮਝਦੇ ਹੋ ਕਿ ਤੁਸੀਂ ਐਵੇਂ ਹੀ ਛੱਡ ਦਿੱਤੇ ਜਾਓਗੇ ਜਦ ਕਿ ਅੱਲਾਹ ਨੇ ਇਹ ਤਾਂ ਅਜਿਹੇ ਤਕ ਵੇਖਿਆ ਹੀ ਨਹੀਂ ਕਿ ਤੁਹਾਡੇ ਵਿੱਚੋਂ ਕੌਣ ਲੋਕ ਹਨ, ਜਿਨ੍ਹਾਂ ਨੇ ਉਸ ਦੇ ਰਾਹ ਵਿਚ ਜਿਹਾਦ (ਸੰਘਰਸ਼) ਕੀਤਾ ਅਤੇ ਅੱਲਾਹ ਤੇ ਉਸ ਦੇ ਰਸੂਲ ਅਤੇ ਮੋਮਿਨਾਂ ਤੋਂ ਛੁੱਟ ਹੋਰ ਕਿਸੇ ਨੂੰ ਦੋਸਤ ਨਹੀਂ ਬਣਾਇਆ। ਅੱਲਾਹ ਉਹ ਸਭ ਜਾਣਦਾ ਹੈ ਜੋ ਤੁਸੀਂ ਕਰ ਰਹੇ ਹੋ।

أَمْ حَسِبْتُمْ أَن تُتْرَكُوا وَلَمَّا يَعْلَمِ اللَّهُ
الَّذِينَ جَاهَدُوا مِنكُمْ وَلَمْ يَتَّخِذُوا مِن
دُونِ اللَّهِ وَلَا رَسُولِهِ وَلَا الْمُؤْمِنِينَ
وَلِيجَةً ۚ وَاللَّهُ خَبِيرٌ بِمَا تَعْمَلُونَ ﴿١٦﴾

17. ਮੁਸ਼ਰਿਕਾਂ ਨੂੰ ਇਹ ਸ਼ੋਭਾ ਨਹੀਂ ਦਿੰਦਾ ਕਿ ਉਹ ਅੱਲਾਹ ਦੀਆਂ ਮਸੀਤਾਂ ਨੂੰ ਆਬਾਦ ਕਰਨ, ਜਦੋਂ ਕਿ ਉਹ ਆਪ ਹੀ ਆਪਣੇ ਕੁਫ਼ਰ ਦੀ ਗਵਾਹੀ ਦੇ ਰਹੇ ਹਨ। ਉਹਨਾਂ ਦੇ ਸਾਰੇ ਕੀਤੇ ਕੰਮ (ਸੇਵਾ) ਅਜਾਈਂ ਗਏ, ਉਹ ਸਦਾ ਲਈ ਨਰਕ ਵਿਚ ਰਹਿਣਗੇ।

مَا كَانَ لِلْمُشْرِكِينَ أَن يَعْمُرُوا مَسَاجِدَ اللَّهِ
شَاهِدِينَ عَلَىٰ أَنفُسِهِم بِالْكُفْرِ ۚ أُولَٰئِكَ حَبِطَتْ
أَعْمَالُهُمْ وَفِي النَّارِ هُمْ خَالِدُونَ ﴿١٧﴾

18. ਅੱਲਾਹ ਦੀਆਂ ਮਸੀਤਾਂ ਦੀ ਅਬਾਦਕਾਰੀ (ਪ੍ਰਬੰਧਕੀ) ਤਾਂ ਕੇਵਲ ਉਹੀਓ ਕਰਦੇ ਹਨ ਜਿਹੜੇ ਅੱਲਾਹ ਅਤੇ ਕਿਆਮਤ ਦਿਹਾੜੇ 'ਤੇ ਈਮਾਨ ਰੱਖਦੇ ਹਨ, ਨਮਾਜ਼ਾਂ ਦੀ ਪਾਬੰਦੀ ਕਰਦੇ ਹਨ, ਜ਼ਕਾਤ ਅਦਾ ਕਰਦੇ ਹਨ, ਛੁੱਟ ਅੱਲਾਹ ਤੋਂ ਹੋਰ ਕਿਸੇ ਤੋਂ ਡਰਦੇ ਨਹੀਂ। ਆਸ ਹੈ ਕਿ ਇਹੋ ਲੋਕੀ ਸਿੱਧੇ ਰਾਹ 'ਤੇ ਹਨ।

إِنَّمَا يَعْمُرُ مَسَاجِدَ اللَّهِ مَنْ آمَنَ بِاللَّهِ
وَالْيَوْمِ الْآخِرِ وَأَقَامَ الصَّلَاةَ وَآتَى الزَّكَاةَ
وَلَمْ يَخْشَ إِلَّا اللَّهَ ۖ فَعَسَىٰ أُولَٰئِكَ أَن
يَكُونُوا مِنَ الْمُهْتَدِينَ ﴿١٨﴾

19. ਕੀ ਤੁਹਾਡੀਆਂ ਨਜ਼ਰਾਂ ਵਿਚ ਹਾਜੀਆਂ ਨੂੰ ਪਾਣੀ ਪਿਆਉਣਾ ਅਤੇ ਮਸਜਿਦੇ-ਹਰਾਮ (ਖ਼ਾਨਾ-ਕਾਅਬਾ) ਨੂੰ ਆਬਾਦ ਕਰਨਾ ਉਸ ਵਿਅਕਤੀ ਦੇ ਕੰਮ ਦੇ ਬਰਾਬਰ ਹੈ, ਜਿਹੜਾ ਅੱਲਾਹ 'ਤੇ ਅਤੇ ਆਖ਼ਿਰਤ 'ਤੇ ਈਮਾਨ ਲਿਆਏ ਅਤੇ ਅੱਲਾਹ ਦੀ ਰਾਹ ਵਿਚ ਜਿਹਾਦ (ਸੰਘਰਸ਼) ਕਰੇ। ਅੱਲਾਹ

أَجَعَلْتُمْ سِقَايَةَ الْحَاجِّ وَعِمَارَةَ الْمَسْجِدِ
الْحَرَامِ كَمَنْ آمَنَ بِاللَّهِ وَالْيَوْمِ الْآخِرِ وَجَاهَدَ
فِي سَبِيلِ اللَّهِ ۚ لَا يَسْتَوُونَ عِندَ اللَّهِ ۗ وَاللَّهُ
لَا يَهْدِي الْقَوْمَ الظَّالِمِينَ ﴿١٩﴾

ਦੀਆਂ ਨਜ਼ਰਾਂ ਵਿਚ ਇਹ ਦੋਵੇਂ ਇਕ ਸਮਾਨ ਨਹੀਂ ਹੋ ਸਕਦੇ ਅਤੇ ਨਾ ਹੀ ਅੱਲਾਹ ਜ਼ਾਲਮਾਂ ਨੂੰ ਹਿਦਾਇਤ ਦਿੰਦਾ ਹੈ।

ٱلَّذِينَ ءَامَنُوا۟ وَهَاجَرُوا۟ وَجَٰهَدُوا۟ فِى سَبِيلِ ٱللَّهِ بِأَمْوَٰلِهِمْ وَأَنفُسِهِمْ أَعْظَمُ دَرَجَةً عِندَ ٱللَّهِ ۚ وَأُو۟لَٰٓئِكَ هُمُ ٱلْفَآئِزُونَ ﴿٢٠﴾

20. ਜਿਹੜੇ ਲੋਕੀ ਈਮਾਨ ਲਿਆਏ, ਘਰ-ਬਾਰ ਛੱਡਿਆ ਅਤੇ ਅੱਲਾਹ ਦੀ ਰਾਹ ਵਿਚ ਆਪਣੇ ਮਾਲਾਂ ਤੇ ਜਾਨਾਂ ਸਹਿਤ ਜਿਹਾਦ ਕੀਤਾ, ਅੱਲਾਹ ਦੇ ਨਜ਼ਦੀਕ ਉਹਨਾਂ ਲੋਕਾਂ ਦੇ ਬਹੁਤ ਹੀ ਉੱਚੇ ਮਰਤਬੇ ਹਨ ਅਤੇ ਉਹੀਓ ਆਪਣੀਆਂ ਮੁਰਾਦਾਂ ਪਾਉਣਗੇ।[1]

يُبَشِّرُهُمْ رَبُّهُم بِرَحْمَةٍ مِّنْهُ وَرِضْوَٰنٍ وَجَنَّٰتٍ لَّهُمْ فِيهَا نَعِيمٌ مُّقِيمٌ ﴿٢١﴾

21. ਉਹਨਾਂ ਦਾ ਰੱਬ ਉਹਨਾਂ ਨੂੰ ਆਪਣੀ ਮਿਹਰ, ਰਜ਼ਾ ਅਤੇ ਅਜਿਹੇ ਬਾਗ਼ਾਂ ਦੀ ਖ਼ੁਸ਼ਖ਼ਬਰੀ ਦਿੰਦਾ ਹੈ ਜਿੱਥੇ ਉਹਨਾਂ ਲਈ ਸਦੀਵੀ ਨਿਅਮਤਾਂ ਹੋਣਗੀਆਂ।

---

[1] ਅੱਲਾਹ ਦੇ ਰਸੂਲ (ਸ:) ਦਾ ਫ਼ਰਮਾਨ ਹੈ ਜਿਹੜਾ ਅੱਲਾਹ ਤੇ ਉਸ ਦੇ ਰਸੂਲ (ਸ:) 'ਤੇ ਈਮਾਨ ਲਿਆਏ ਨਮਾਜ਼ ਕਾਇਮ ਕਰੇ ਰਮਜ਼ਾਨ ਦੇ ਰੋਜ਼ੇ ਰੱਖੇ ਤਾਂ ਅੱਲਾਹ ਨੇ ਇਹ ਗੱਲ ਆਪਣੇ 'ਤੇ ਜ਼ਰੂਰੀ ਕਰ ਲਈ ਹੈ ਕਿ ਉਸ ਨੂੰ ਜੰਨਤ ਵਿਚ ਦਾਖ਼ਲ ਕਰੇ ਭਾਵੇਂ ਕਿ ਉਸ ਨੇ ਜਿਹਾਦ ਕੀਤਾ ਹੋਵੇ ਜਾਂ ਉਸੇ ਥਾਂ ਬੈਠਾ ਰਹੇ ਜਿੱਥੇ ਉਹ ਜੰਮਿਆ ਸੀ ਲੋਕਾਂ ਨੇ ਪੁੱਛਿਆ ਕਿ ਹੇ ਅੱਲਾਹ ਦੇ ਰਸੂਲ! ਕੀ ਇਹ ਖ਼ੁਸ਼ਖ਼ਬਰੀ ਅਸੀਂ ਲੋਕਾਂ ਨੂੰ ਸੁਣਾ ਦਈਏ? ਤਾਂ ਆਪ ਨੇ ਫ਼ਰਮਾਇਆ ਜੰਨਤ ਦੇ ਸੌ ਦਰਜੇ ਹਨ ਜਿਹੜੇ ਅੱਲਾਹ ਦੀ ਰਾਹ ਵਿਚ ਜਿਹਾਦ ਕਰਨ ਵਾਲਿਆਂ ਲਈ ਤਿਆਰ ਕੀਤੇ ਗਏ ਹਨ ਹਰ ਦੋ ਦਰਜਿਆਂ ਵਿਚ ਇੰਨੀ ਦੂਰੀ ਹੈ ਜਿੰਨਾ ਅਕਾਸ਼ ਤੇ ਧਰਤੀ ਦੇ ਵਿਚਾਲੇ ਦੀ ਦੂਰੀ ਹੈ ਜਦੋਂ ਤੁਸੀਂ ਰੱਬ ਤੋਂ ਜੰਨਤ ਮੰਗੋ ਤਾਂ ਫ਼ਿਰਦੌਸ ਦਾ ਸਵਾਲ ਕਰੋ ਕਿਉਂ ਜੋ ਇਹ ਜੰਨਤ ਦੇ ਵਿਚਾਲੇ ਦਾ ਭਾਗ ਹੈ ਅਤੇ ਸਭ ਤੋਂ ਵਧੀਆ ਹੈ ਕਹਿਣ ਵਾਲੇ ਦਾ ਇਹ ਵੀ ਵਿਚਾਰ ਹੈ ਕਿ ਆਪ ਨੇ ਇਹ ਵੀ ਫ਼ਰਮਾਇਆ ਇਸ ਫ਼ਿਰਦੌਸ ਦੇ ਉੱਤੇ ਰਹਿਮਾਨ ਦਾ ਅਰਸ਼ ਹੈ ਅਤੇ ਜੰਨਤ ਦੀਆਂ ਨਹਿਰਾਂ ਉਸੇ ਤੋਂ ਹੀ ਨਿਕਲਦੀਆਂ ਹਨ (ਸਹੀ ਬੁਖ਼ਾਰੀ, ਹਦੀਸ: 2790) ਸ਼ਹਾਦਤ ਦੀ ਇੱਛਾ ਰੱਖਣਾ ਵੀ ਇਕ ਮੋਮਿਨ ਦੀ ਵਿਸ਼ੇਸ਼ਤਾ ਹੈ। ਅਬੂ ਹੁਰੈਰਾ ਦਾ ਕਹਿਣਾ ਹੈ ਕਿ ਰਸੂਲ (ਸ:) ਦਾ ਫ਼ਰਮਾਨ ਹੈ ਕਿ ਕਸਮ ਹੈ ਉਸ ਹਸਤੀ ਦੀ ਜਿਸ ਦੇ ਹੱਥ ਵਿਚ ਮੇਰੀ ਜਾਨ ਹੈ ਜੇ ਕੁੱਝ ਈਮਾਨ ਵਾਲਿਆਂ ਨੂੰ ਇਹ ਗੱਲ ਨਾ-ਪਸੰਦ ਨਾ ਹੁੰਦੀ ਕਿ ਉਹ ਮੇਰੇ ਪਿੱਛੇ ਰਹਿ ਜਾਣ ਅਤੇ ਉਹਨਾਂ ਕੋਲ ਸਵਾਰੀਆਂ ਵੀ ਨਹੀਂ ਕਿ ਜਿਨ੍ਹਾਂ 'ਤੇ ਮੈਂ ਉਹਨਾਂ ਨੂੰ ਸਵਾਰ ਕਰ ਦਵਾਂ ਤਾਂ ਮੈਂ ਕਿਸੇ (ਜੰਗ) ਵਿਚ ਪਿੱਛੇ ਨਾ ਰਹਿੰਦਾ ਜਿਹੜੇ ਅੱਲਾਹ ਦੀ ਰਾਹ ਵਿਚ ਜਿਹਾਦ ਲਈ ਨਿਕਲਦੇ ਹਨ। ਕਸਮ ਹੈ ਉਸ ਜ਼ਾਤ ਦੀ ਜਿਸ ਦੇ ਕਾਬੂ ਵਿਚ ਮੇਰੀ ਜਾਨ ਹੈ ਮੇਰੀ ਤਾਂ ਇਹੋ ਚਾਹਤ ਹੈ ਕਿ ਮੈਂ ਅੱਲਾਹ ਦੀ ਰਾਹ ਵਿਚ ਮਾਰਿਆ ਜਾਵਾਂ ਫੇਰ ਜਿਉਂਦਾ ਕੀਤਾ ਜਾਵਾਂ ਫੇਰ ਕਤਲ ਕੀਤਾ ਜਾਵਾਂ ਫੇਰ ਜਿਊਂਦਾ ਕੀਤਾ ਜਾਵਾਂ ਫੇਰ ਕਤਲ ਕੀਤਾ ਜਾਵਾਂ ਫੇਰ ਜਿਊਂਦਾ ਕੀਤਾ ਜਾਵਾਂ ਤੇ ਫੇਰ ਕਤਲ ਕੀਤਾ ਜਾਵਾਂ ਫੇਰ ਜਿਊਂਦਾ। (ਸਹੀ ਬੁਖ਼ਾਰੀ, ਹਦੀਸ: 2797)

22. ਜਿਨ੍ਹਾਂ ਵਿਚ ਉਹ ਸਦਾ ਰਹਿਣਗੇ ਬੇਸ਼ੱਕ ਅੱਲਾਹ ਕੋਲ (ਸੇਵਾਵਾਂ ਦਾ) ਬਦਲਾ ਦੇਣ ਲਈ ਬਥੇਰਾ ਕੁੱਝ ਹੈ।

خٰلِدِينَ فِيهَا أَبَدًا إِنَّ اللّٰهَ عِندَهُ
أَجْرٌ عَظِيمٌ ﴿٢٢﴾

23. ਹੇ ਈਮਾਨ ਵਾਲਿਓ! ਜੇ ਤੁਹਾਡੇ ਪਿਓ ਤੇ ਭਰਾ ਈਮਾਨ ਤੋਂ ਵੱਧ ਕੁਫ਼ਰ ਨੂੰ ਪਸੰਦ ਕਰਦੇ ਹਨ ਤਾਂ ਤੁਸੀਂ ਉਹਨਾਂ ਨੂੰ ਕਦੇ ਵੀ ਆਪਣਾ ਮਿੱਤਰ ਨਾ ਬਣਾਓ। ਤੁਹਾਡੇ ਵਿੱਚੋਂ ਜਿਹੜਾ ਵੀ ਇਹਨਾਂ ਨਾਲ ਮੁਹੱਬਤ ਕਰੇਗਾ, ਉਹੀਓ ਅਸਲੀ ਜ਼ਾਲਮ ਹੋਵੇਗਾ।

يٰٓأَيُّهَا الَّذِينَ اٰمَنُوا لَا تَتَّخِذُوٓا اٰبَآءَكُمْ وَإِخْوٰنَكُمْ
أَوْلِيَآءَ إِنِ اسْتَحَبُّوا الْكُفْرَ عَلَى الْإِيمٰنِ وَمَن
يَتَوَلَّهُم مِّنكُمْ فَأُولٰٓئِكَ هُمُ الظّٰلِمُونَ ﴿٢٣﴾

24. (ਹੇ ਮੁਹੰਮਦ ਸ.!) ਤੁਸੀਂ ਆਖ ਦਿਓ ਕਿ ਜੇਕਰ ਤੁਹਾਡੇ ਪਿਤਾ ਤੇ ਤੁਹਾਡੇ ਪੁੱਤਰ ਤੇ ਤੁਹਾਡੇ ਭਰਾ ਤੇ ਤੁਹਾਡੀਆਂ ਪਤਨੀਆਂ ਤੇ ਤੁਹਾਡੇ ਪਰਿਵਾਰ ਤੇ ਤੁਹਾਡੇ ਕਮਾਏ ਹੋਏ ਉਹ ਧਨ ਪਦਾਰਥ ਅਤੇ ਕਾਰੋਬਾਰ ਜਿਨ੍ਹਾਂ ਦੇ ਮੰਦਾ ਪੈਣ ਤੋਂ ਤੁਸੀਂ ਡਰਦੇ ਹੋ ਅਤੇ ਤੁਹਾਡੀਆਂ ਉਹ ਹਵੇਲੀਆਂ ਜਿਨ੍ਹਾਂ ਨੂੰ ਤੁਸੀਂ ਪਸੰਦ ਕਰਦੇ ਹੋ ਜੇਕਰ ਇਹ ਸਭ ਤੁਹਾਨੂੰ ਅੱਲਾਹ ਅਤੇ ਉਸ ਦੇ ਰਸੂਲ ਤੋਂ ਅਤੇ ਉਸ ਦੀ ਰਾਹ ਵਿਚ ਜਿਹਾਦ ਤੋਂ ਵੱਧ ਪਿਆਰੇ ਹਨ ਤਾਂ ਤੁਸੀਂ ਉਡੀਕ ਕਰੋ ਕਿ ਅੱਲਾਹ ਆਪਣਾ ਹੁਕਮ (ਅਜ਼ਾਬ ਦਾ) ਭੇਜ ਦੇਵੇ।[1] ਅੱਲਾਹ ਝੂਠਿਆਂ ਨੂੰ ਹਿਦਾਇਤ ਨਹੀਂ ਦਿੰਦਾ।

قُلْ إِن كَانَ اٰبَآؤُكُمْ وَأَبْنَآؤُكُمْ وَإِخْوٰنُكُمْ
وَأَزْوٰجُكُمْ وَعَشِيرَتُكُمْ وَأَمْوٰلٌ اقْتَرَفْتُمُوهَا
وَتِجٰرَةٌ تَخْشَوْنَ كَسَادَهَا وَمَسٰكِنُ تَرْضَوْنَهَآ
أَحَبَّ إِلَيْكُم مِّنَ اللّٰهِ وَرَسُولِهِ وَجِهَادٍ
فِى سَبِيلِهِ فَتَرَبَّصُوا حَتّٰى يَأْتِىَ اللّٰهُ بِأَمْرِهِ
وَاللّٰهُ لَا يَهْدِى الْقَوْمَ الْفٰسِقِينَ ﴿٢٤﴾

[1] ਇਸ ਆਇਤ ਵਿਚ ਜਿਹਾਦ ਤੋਂ ਬਚਣ ਵਾਲਿਆਂ ਲਈ ਚਿਤਾਵਣੀ ਹੈ ਅੱਲਾਹ ਦੀ ਰਾਹ ਵਿਚ ਜਿਹਾਦ ਕਰਨ ਨੂੰ ਇਸਲਾਮ ਵਿਚ ਵਿਸ਼ੇਸ਼ ਮਹੱਤਵ ਦਿੱਤਾ ਜਾਂਦਾ ਹੈ ਅਤੇ ਇਸ ਨੂੰ ਇਸਲਾਮ ਦਾ ਸਿਖਰ ਕਿਹਾ ਗਿਆ ਹੈ। ਜਿਹਾਦ ਕਰਨ ਤੋਂ ਹੀ ਇਸਲਾਮ ਦਾ ਵਜੂਦ ਕਾਇਮ ਹੁੰਦਾ ਹੈ ਜਿਹਾਦ ਨਾ ਕਰਨ ਤੋਂ ਇਸਲਾਮ ਖ਼ਤਮ ਹੋ ਜਾਂਦਾ ਹੈ ਅਤੇ ਮੁਸਲਮਾਨ ਰੁਸਵਾਈ ਤੇ ਜ਼ਲਾਲਤ 'ਚ ਰੁਲ ਪੈਂਦੇ ਹਨ ਅਤੇ ਆਦਰਮਾਨ ਤੋਂ ਵਾਂਝੇ ਹੋ ਜਾਂਦੇ ਹਨ। ਜਿਹੜਾ ਕੋਈ ਸੱਚੇ ਦਿਲੋਂ ਜਿਹਾਦ ਕਰਨ ਦੀ ਚਾਹਤ ਨਹੀਂ ਰੱਖਦਾ ਤਾਂ ਉਹ ਵੀ ਝੂਠੇ ਹੋਣ ਦੀਆਂ ਨਿਸ਼ਾਨੀਆਂ ਵਿਚ ਇਕ ਨਿਸ਼ਾਨੀ ਨਾਲ ਮਰਦਾ ਹੈ ਭਾਵ ਉਸ ਨੂੰ ਝੂਠ ਦੀ ਹਾਲਤ ਵਿਚ ਹੀ ਮੌਤ ਆਉਂਦੀ ਹੈ। (ਸਹੀ ਮੁਸਲਿਮ, ਹਦੀਸ: 1910)

25. (ਹੇ ਮੁਸਲਮਾਨੋ!) ਬੇਸ਼ੱਕ ਅੱਲਾਹ ਨੇ ਪਹਿਲਾਂ ਬਥੇਰੇ ਅਵਸਰਾਂ 'ਤੇ ਤੁਹਾਡੀ ਸਹਾਇਤਾ ਕੀਤੀ ਹੈ ਅਤੇ ਹੁਨੈਨ (ਦੀ ਲੜਾਈ) ਵਾਲੇ ਦਿਨ ਵੀ (ਸਹਾਇਤਾ ਕੀਤੀ ਸੀ), ਜਦੋਂ ਤੁਹਾਨੂੰ ਆਪਣੀ ਬਹੁ ਗਿਣਤੀ 'ਤੇ ਘਮੰਡ ਸੀ ਪਰੰਤੂ ਉਹ ਤੁਹਾਡੇ ਕਿਸੇ ਕੰਮ ਨਹੀਂ ਆਈ ਸਗੋਂ ਧਰਤੀ ਆਪਣੀ ਵਿਸ਼ਾਲਤਾ 'ਤੇ ਹੁੰਦੇ ਹੋਏ ਵੀ ਤੁਹਾਡੇ 'ਤੇ ਤੰਗ ਹੋ ਗਈ ਸੀ ਅਤੇ ਤੁਸੀਂ ਪਿੱਠ ਵਿਖਾ ਕੇ ਨੱਠ ਆਏ ਸੀ।

لَقَدْ نَصَرَكُمُ اللّٰهُ فِيْ مَوَاطِنَ كَثِيْرَةٍ ۙ وَّيَوْمَ حُنَيْنٍ ۙ اِذْ اَعْجَبَتْكُمْ كَثْرَتُكُمْ فَلَمْ تُغْنِ عَنْكُمْ شَيْـًٔا وَّضَاقَتْ عَلَيْكُمُ الْاَرْضُ بِمَا رَحُبَتْ ثُمَّ وَلَّيْتُمْ مُّدْبِرِيْنَ ﴿٢٥﴾

26. ਫੇਰ ਅੱਲਾਹ ਨੇ ਆਪਣੇ ਵੱਲੋਂ ਆਪਣੇ ਨਬੀ ਅਤੇ ਮੋਮਿਨਾਂ 'ਤੇ ਆਪਣੀ ਤਸਕੀਨ (ਤਸੱਲੀ) ਉਤਾਰੀ ਅਤੇ ਉਹ ਲਸ਼ਕਰ ਭੇਜੇ, ਜਿਨ੍ਹਾਂ ਨੂੰ ਤੁਸੀਂ ਵੇਖਿਆ ਹੀ ਨਹੀਂ ਅਤੇ ਕਾਫ਼ਿਰਾਂ ਨੂੰ ਪੂਰੀ ਸਜ਼ਾ ਦਿੱਤੀ। ਇਹਨਾਂ ਕਾਫ਼ਿਰਾਂ ਦਾ ਇਹੋ ਬਦਲਾ ਹੈ।

ثُمَّ اَنْزَلَ اللّٰهُ سَكِيْنَتَهٗ عَلٰى رَسُوْلِهٖ وَعَلَى الْمُؤْمِنِيْنَ وَاَنْزَلَ جُنُوْدًا لَّمْ تَرَوْهَا ۚ وَعَذَّبَ الَّذِيْنَ كَفَرُوْا ۭ وَذٰلِكَ جَزَاۗءُ الْكٰفِرِيْنَ ﴿٢٦﴾

27. ਇਸ (ਸਜ਼ਾ) ਤੋਂ ਬਾਅਦ ਅੱਲਾਹ ਜਿਸ 'ਤੇ ਚਾਹਵੇਗਾ ਉਸੇ ਵੱਲ ਧਿਆਨ ਦੇਵੇਗਾ (ਭਾਵ ਖਿਮਾ ਕਰ ਦੇਵੇਗਾ)। ਅੱਲਾਹ ਹੀ ਬਖ਼ਸ਼ਿਸ਼ ਤੇ ਮਿਹਰਬਾਨੀਆਂ ਕਰਨ ਵਾਲਾ ਹੈ।

ثُمَّ يَتُوْبُ اللّٰهُ مِنْۢ بَعْدِ ذٰلِكَ عَلٰى مَنْ يَّشَاۗءُ ۭ وَاللّٰهُ غَفُوْرٌ رَّحِيْمٌ ﴿٢٧﴾

28. ਹੇ ਈਮਾਨ ਵਾਲਿਓ! ਨਿਰਸੰਦੇਹ, ਮੁਸ਼ਰਿਕ ਅਪਵਿੱਤਰ ਹਨ[1] ਉਹ ਇਸ ਸਾਲ (ਭਾਵ ਨੌਂ ਹਿਜਰੀ) ਤੋਂ ਬਾਅਦ ਮਸਜਿਦੇ ਹਰਾਮ (ਖ਼ਾਨਾ-ਕਾਅਬਾ) ਦੇ ਨੇੜੇ ਵੀ ਨਾ ਆਉਣ ਜੇ ਤੁਹਾਨੂੰ ਡਰ ਹੈ ਕਿ (ਇਹਨਾਂ ਦੇ ਨਾ ਆਉਣ ਕਾਰਨ) ਤੁਹਾਡਾ ਹੱਥ ਤੰਗ ਹੋ ਜਾਵੇਗਾ, ਜੇ ਅੱਲਾਹ ਚਾਹੇਗਾ ਤਾਂ ਉਹ ਆਪਣੇ

يٰٓاَيُّهَا الَّذِيْنَ اٰمَنُوْٓا اِنَّمَا الْمُشْرِكُوْنَ نَجَسٌ فَلَا يَقْرَبُوا الْمَسْجِدَ الْحَرَامَ بَعْدَ عَامِهِمْ هٰذَا ۚ وَاِنْ خِفْتُمْ عَيْلَةً فَسَوْفَ يُغْنِيْكُمُ اللّٰهُ مِنْ فَضْلِهٖٓ اِنْ شَاۗءَ ۭ اِنَّ اللّٰهَ عَلِيْمٌ حَكِيْمٌ ﴿٢٨﴾

---

[1] ਮੁਸ਼ਰਿਕਾਂ ਦੀ ਨਾ-ਪਾਕੀ ਜਾਂ ਗੰਦਗੀ ਦੋ ਤਰ੍ਹਾਂ ਦੀ ਹੈ ਇਕ ਸਰੀਰਿਕ ਅਤੇ ਦੂਜੀ ਰੂਹਾਨੀ ਗੰਦਗੀ, ਰੂਹਾਨੀ ਗੰਦਗੀ ਇਹ ਹੈ ਕਿ ਉਹ ਅੱਲਾਹ ਅਤੇ ਉਸ ਦੇ ਰਸੂਲ (ਸ:) 'ਤੇ ਈਮਾਨ ਨਹੀਂ ਰੱਖਦਾ ਅਤੇ ਸਰੀਰ ਦੀ ਗੰਦਗੀ ਇਹ ਹੈ ਕਿ ਉਹ ਸਫ਼ਾਈ ਦਾ ਧਿਆਨ ਨਹੀਂ ਰੱਖਦਾ, ਪਿਸ਼ਾਬ, ਟੱਟੀ, ਵੀਰਜ ਆਦਿ ਨਿਕਲਣ 'ਤੇ ਮੁਸ਼ਰਿਕ ਜਾਂ ਕਾਫ਼ਿਰ ਨਾ-ਪਾਕ ਹੁੰਦੇ ਹਨ।

ਫ਼ਜ਼ਲ ਰਾਹੀਂ ਤੁਹਾਨੂੰ ਧਨਵਾਨ ਬਣਾ ਦੇਵੇਗਾ। ਬੇਸ਼ੱਕ ਅੱਲਾਹ ਜਾਣਨਹਾਰ ਤੇ ਸੂਝ-ਬੂਝ ਵਾਲਾ ਹੈ।

قَاتِلُوا الَّذِينَ لَا يُؤْمِنُونَ بِاللَّهِ وَلَا بِالْيَوْمِ الْآخِرِ وَلَا يُحَرِّمُونَ مَا حَرَّمَ اللَّهُ وَرَسُولُهُ وَلَا يَدِينُونَ دِينَ الْحَقِّ مِنَ الَّذِينَ أُوتُوا الْكِتَابَ حَتَّىٰ يُعْطُوا الْجِزْيَةَ عَن يَدٍ وَهُمْ صَاغِرُونَ ﴿٢٩﴾

29. ਉਹਨਾਂ ਨਾਲ ਜੰਗ ਲੜੋ ਜਿਹੜੇ ਅੱਲਾਹ ਤੇ ਕਿਆਮਤ ਦਿਹਾੜੇ ਨੂੰ ਨਹੀਂ ਮੰਨਦੇ ਜਿਹੜੇ ਅੱਲਾਹ ਤੇ ਉਸ ਦੇ ਰਸੂਲ ਵੱਲੋਂ ਹਰਾਮ ਕੀਤੀਆਂ ਹੋਈਆਂ ਚੀਜ਼ਾਂ ਨੂੰ ਹਰਾਮ ਨਹੀਂ ਮੰਨਦੇ ਅਤੇ ਨਾ ਹੀ ਸੱਚੇ ਧਰਮ (ਇਸਲਾਮ) ਨੂੰ ਕਬੂਲ ਕਰਦੇ ਹਨ। ਜਿਹੜੇ ਅਹਲੇ ਕਿਤਾਬ (ਯਹੂਦੀਆਂ ਤੇ ਈਸਾਈਆਂ) ਵਿੱਚੋਂ ਹਨ ਉਹਨਾਂ ਨਾਲ ਲੜੋ, ਇੱਥੋਂ ਤੀਕ ਕਿ ਉਹ ਜ਼ਲੀਲ ਹੋ ਕੇ ਆਪਣੇ ਹੱਥੀਂ ਜਜ਼ੀਆ (ਰੱਖਿਆ ਕਰ) ਦੇਣ ਲੱਗ ਜਾਣ।[1]

وَقَالَتِ الْيَهُودُ عُزَيْرٌ ابْنُ اللَّهِ وَقَالَتِ النَّصَارَى الْمَسِيحُ ابْنُ اللَّهِ ذَٰلِكَ قَوْلُهُم بِأَفْوَاهِهِمْ يُضَاهِئُونَ قَوْلَ الَّذِينَ كَفَرُوا مِن قَبْلُ قَاتَلَهُمُ اللَّهُ أَنَّىٰ يُؤْفَكُونَ ﴿٣٠﴾

30. ਯਹੂਦੀ ਆਖਦੇ ਹਨ ਕਿ ਉਜ਼ੈਰ (ਨਾਂ ਦਾ ਨਬੀ) ਅੱਲਾਹ ਦਾ ਪੁੱਤਰ ਹੈ ਅਤੇ ਨਸਰਾਨੀ (ਈਸਾਈ) ਆਖਦੇ ਹਨ ਕਿ ਮਸੀਹ (ਈਸਾ) ਅੱਲਾਹ ਦਾ ਪੁੱਤਰ[2] ਹੈ। ਇਹ ਕੇਵਲ ਇਹਨਾਂ ਦੇ ਮੂੰਹ (ਭਾਵ ਕਹਿਣ) ਦੀਆਂ ਗੱਲਾਂ ਹਨ। ਇਹ ਉਹਨਾਂ ਇਨਕਾਰੀਆਂ ਦੀ ਰੀਸੋ-ਰੀਸ ਗੱਲਾਂ ਕਰਦੇ ਹਨ ਜਿਹੜੇ ਇਹਨਾਂ ਤੋਂ ਪਹਿਲਾਂ ਬੀਤ ਚੁੱਕੇ ਹਨ। ਰੱਬ ਦੀ ਮਾਰ ਹੋਵੇ ਇਹਨਾਂ 'ਤੇ, ਇਹ ਭਟਕੇ ਹੋਏ ਕਿੱਥੇ ਤੁਰੀ ਫਿਰਦੇ ਹਨ।

اتَّخَذُوا أَحْبَارَهُمْ وَرُهْبَانَهُمْ أَرْبَابًا مِّن دُونِ اللَّهِ وَالْمَسِيحَ ابْنَ مَرْيَمَ وَمَا أُمِرُوا إِلَّا لِيَعْبُدُوا إِلَٰهًا وَاحِدًا لَّا إِلَٰهَ إِلَّا هُوَ سُبْحَانَهُ عَمَّا يُشْرِكُونَ

31. ਇਹਨਾਂ ਨੇ ਅੱਲਾਹ ਨੂੰ ਛੱਡ ਕੇ ਆਪਣੇ ਧਾਰਮਿਕ ਗਿਆਨੀਆਂ ਤੇ ਬੈਰਾਗੀਆਂ ਨੂੰ ਅਤੇ ਮਰੀਅਮ ਦੇ ਪੁੱਤਰ ਮਸੀਹ (ਈਸਾ) ਨੂੰ ਆਪਣਾ ਰੱਬ ਬਣਾ ਲਿਆ ਹੈ (ਭਾਵ ਜੋ ਉਹ ਆਖਣ ਉਹੀਓ ਰੱਬੀ ਕਲਾਮ ਹੈ) ਜਦ ਕਿ ਇਹਨਾਂ ਨੂੰ ਕੇਵਲ ਇਕ ਅੱਲਾਹ ਦੀ ਇਬਾਦਤ ਕਰਨ ਦਾ ਹੁਕਮ ਦਿੱਤਾ

---

[1] ਜਜ਼ੀਆ ਇਕ ਅਜਿਹਾ ਟੈਕਸ ਹੈ ਜਿਹੜਾ ਅਜਿਹੇ ਗ਼ੈਰ ਮੁਸਲਮਾਨਾਂ ਤੋਂ ਲਿਆ ਜਾਂਦਾ ਹੈ ਜਿਹੜੇ ਮੁਸਲਮਾਨਾਂ ਦੀ ਹਕੂਮਤ ਵਿਚ ਸੁਰੱਖਿਅਤ ਜੀਵਨ ਗੁਜ਼ਾਰਦੇ ਹਨ।

[2] ਜਦ ਕਿ ਅੱਲਾਹ ਦੇ ਕੋਈ ਔਲਾਦ ਨਹੀਂ, ਉਹ ਇਹਨਾਂ ਗੱਲਾਂ ਤੋਂ ਪਾਕ ਹੈ।

ਗਿਆ ਸੀ, ਜਿਸ ਤੋਂ ਬਿਨਾਂ ਹੋਰ ਕੋਈ ਇਸ਼ਟ ਨਹੀਂ।[1] ਉਹ ਹਰ ਪ੍ਰਕਾਰ ਦੇ ਸ਼ਿਰਕ ਤੋਂ ਪਾਕ ਹੈ, ਜਿਹੜਾ ਉਹ ਕਰਦੇ ਹਨ। 24

32. ਉਹ ਤਾਂ ਇਹੋ ਚਾਹੁੰਦੇ ਹਨ ਕਿ ਅੱਲਾਹ ਦੇ ਨੂਰ (ਇਸਲਾਮ) ਨੂੰ ਆਪਣੇ ਮੂੰਹਾਂ (ਦੀਆਂ ਫੂਕਾਂ) ਨਾਲ ਹੀ ਬੁਝਾ ਦੇਣ, ਜਦ ਕਿ ਅੱਲਾਹ ਆਪਣੇ ਨੂਰ ਨੂੰ ਪੂਰਾ ਕਰਕੇ ਰਹੇਗਾ। ਭਾਵੇਂ ਕਾਫ਼ਿਰਾਂ ਨੂੰ ਕਿੰਨਾਂ ਹੀ ਬੁਰਾ ਕਿਉਂ ਨਾ ਲੱਗੇ।

يُرِيدُونَ أَن يُطْفِئُوا نُورَ اللَّهِ بِأَفْوَاهِهِمْ وَيَأْبَى اللَّهُ إِلَّا أَن يُتِمَّ نُورَهُ وَلَوْ كَرِهَ الْكَافِرُونَ ٣٢

33. ਉਸ ਨੇ ਆਪਣੇ ਰਸੂਲ (ਮੁਹੰਮਦ ਸ:) ਨੂੰ ਹਿਦਾਇਤ ਅਤੇ ਸੱਚਾ ਦੀਨ ਦੇਕੇ ਭੇਜਿਆ ਹੈ ਤਾਂ ਜੋ ਉਸ ਨੂੰ ਸਾਰੇ ਧਰਮਾਂ 'ਤੇ ਗ਼ਾਲਿਬ ਕਰ ਦੇਵੇ, ਭਾਵੇਂ ਮੁਸ਼ਰਿਕਾਂ ਨੂੰ ਕਿੰਨਾ ਹੀ ਬੁਰਾ ਲੱਗੇ।

هُوَ الَّذِي أَرْسَلَ رَسُولَهُ بِالْهُدَىٰ وَدِينِ الْحَقِّ لِيُظْهِرَهُ عَلَى الدِّينِ كُلِّهِ وَلَوْ كَرِهَ الْمُشْرِكُونَ ٣٣

34. ਹੇ ਈਮਾਨ ਵਾਲਿਓ! ਇਹਨਾਂ ਕਿਤਾਬ ਵਾਲਿਆਂ ਦੇ ਧਰਮ ਗਿਆਨੀ ਤੇ ਸੰਸਾਰ ਤਿਆਗੀ ਸਾਧੂ-ਸੰਤਾਂ ਦੀ ਬਹੁ-ਗਿਣਤੀ ਲੋਕਾਂ ਦਾ ਮਾਲ ਨਾ-ਹੱਕਾ ਹੀ ਖਾ ਜਾਂਦੇ ਹਨ ਅਤੇ ਅੱਲਾਹ ਦੀ ਰਾਹ ਤੋਂ (ਲੋਕਾਂ ਨੂੰ) ਰੋਕਦੇ ਹਨ। ਜਿਹੜੇ ਲੋਕੀ ਸੋਨਾ ਚਾਂਦੀ ਜੋੜ-ਜੋੜ ਕੇ ਰਖਦੇ ਹਨ ਅਤੇ ਅੱਲਾਹ ਦੀ ਰਾਹ ਵਿਚ ਖ਼ਰਚ ਨਹੀਂ ਕਰਦੇ, ਉਹਨਾਂ ਨੂੰ ਦਰਦਨਾਕ ਅਜ਼ਾਬ ਦੀ ਖ਼ਬਰ ਸੁਣਾ ਦਿਓ।

يَا أَيُّهَا الَّذِينَ آمَنُوا إِنَّ كَثِيرًا مِّنَ الْأَحْبَارِ وَالرُّهْبَانِ لَيَأْكُلُونَ أَمْوَالَ النَّاسِ بِالْبَاطِلِ وَيَصُدُّونَ عَن سَبِيلِ اللَّهِ وَالَّذِينَ يَكْنِزُونَ الذَّهَبَ وَالْفِضَّةَ وَلَا يُنفِقُونَهَا فِي سَبِيلِ اللَّهِ فَبَشِّرْهُم بِعَذَابٍ أَلِيمٍ ٣٤

35. ਇਕ ਦਿਨ ਉਸ ਜਮ੍ਹਾਂ ਕੀਤੇ ਮਾਲ ਨੂੰ ਨਰਕ ਦੀ ਅੱਗ ਵਿਚ ਪਿਘਲਾਇਆ ਜਾਵੇਗਾ ਫੇਰ ਉਸੇ ਨਾਲ ਉਹਨਾਂ ਦੇ ਮੱਥੇ, ਵੱਖੀਆਂ ਅਤੇ ਪਿੱਠਾਂ ਨੂੰ

يَوْمَ يُحْمَىٰ عَلَيْهَا فِي نَارِ جَهَنَّمَ فَتُكْوَىٰ بِهَا جِبَاهُهُمْ وَجُنُوبُهُمْ وَظُهُورُهُمْ هَٰذَا مَا كَنَزْتُمْ لِأَنفُسِكُمْ فَذُوقُوا مَا كُنتُمْ تَكْنِزُونَ ٣٥

[1] ਹਜ਼ਰਤ ਅਦੀ ਬਿਨ ਹਾਤਿਮ ਨੇ ਨਬੀ ਕਰੀਮ (ਸ:) ਤੋਂ ਇਹ ਆਇਤ ਸੁਣੀ ਤਾਂ ਆਪ (ਸ:) ਨੇ ਫ਼ਰਮਾਇਆ ਕਿ ਉਹ ਲੋਕ ਉਹਨਾਂ ਦੀ ਇਬਾਦਤ ਨਹੀਂ ਕਰਦੇ ਸੀ ਪਰ ਜਦੋਂ ਉਨ੍ਹਾਂ ਦੇ ਧਾਰਮਿਕ ਗੁਰੂ ਕਿਸੇ ਚੀਜ਼ ਨੂੰ ਹਲਾਲ ਕਹਿੰਦੇ ਸੀ ਤਾਂ ਇਹ ਵੀ ਉਸ ਨੂੰ ਹਲਾਲ ਸਮਝਦੇ ਸੀ ਅਤੇ ਜਿਸ ਨੂੰ ਉਹ ਹਰਾਮ ਕਹਿੰਦੇ ਸੀ ਉਸ ਨੂੰ ਇਹ ਵੀ ਹਰਾਮ ਸਮਝਦੇ ਸੀ। (ਜਾਮਿਅ ਤਿਰਮਜ਼ੀ, ਹਦੀਸ: 3095)

ਦਾਗਿਆ ਜਾਵੇਗਾ। (ਅਤੇ ਕਿਹਾ ਜਾਵੇਗਾ ਕਿ) ਇਹ ਹੈ ਉਹ (ਦੌਲਤ) ਜਿਸ ਨੂੰ ਤੁਸੀਂ ਆਪਣੇ ਲਈ ਜੋੜਿਆ ਕਰਦੇ ਸੀ। ਹੁਣ ਤੁਸੀਂ ਆਪਣੇ ਉਸ (ਖ਼ਜ਼ਾਨੇ) ਦਾ ਸੁਆਦ ਲਵੋ ਜਿਹੜਾ ਤੁਸੀਂ ਜੋੜਦੇ ਰਹਿੰਦੇ ਸੀ।[1]

إِنَّ عِدَّةَ الشُّهُورِ عِنْدَ اللَّهِ اثْنَا عَشَرَ شَهْرًا
فِي كِتَابِ اللَّهِ يَوْمَ خَلَقَ السَّمَاوَاتِ وَالْأَرْضَ
مِنْهَا أَرْبَعَةٌ حُرُمٌ ۚ ذَٰلِكَ الدِّينُ الْقَيِّمُ ۚ
فَلَا تَظْلِمُوا فِيهِنَّ أَنْفُسَكُمْ ۚ وَقَاتِلُوا الْمُشْرِكِينَ
كَافَّةً كَمَا يُقَاتِلُونَكُمْ كَافَّةً ۚ وَاعْلَمُوا أَنَّ اللَّهَ
مَعَ الْمُتَّقِينَ ٣٦

36 ਬੇਸ਼ੱਕ ਅੱਲਾਹ ਦੀ ਕਿਤਾਬ ਵਿਚ ਮਹੀਨਿਆਂ ਦੀ ਗਿਣਤੀ ਬਾਰ੍ਹਾਂ ਹੀ ਹੈ ਅਤੇ ਇਹ ਉਸ ਵੇਲੇ ਤੋਂ ਹੈ ਜਦੋਂ ਤੋਂ ਅਕਾਸ਼ ਤੇ ਧਰਤੀ ਨੂੰ ਉਸ ਨੇ ਪੈਦਾ ਕੀਤਾ ਹੈ। ਇਹਨਾਂ ਵਿੱਚੋਂ ਚਾਰ ਮਹੀਨੇ ਅਦਬ (ਸਤਿਕਾਰ) ਦੇ ਹਨ, ਇਹੋ ਹਿਸਾਬ ਠੀਕ ਹੈ। ਤੁਸੀਂ ਇਹਨਾਂ ਮਹੀਨਿਆਂ ਵਿਚ ਆਪਣੀਆਂ ਜਾਨਾਂ 'ਤੇ ਜ਼ੁਲਮ ਨਾ ਕਰੋ ਅਤੇ ਤੁਸੀਂ ਸਾਰੇ (ਮੁਸਲਮਾਨ) ਮਿਲਕੇ ਮੁਸ਼ਰਿਕਾਂ ਨਾਲ ਲੜੋ ਜਿਵੇਂ ਉਹ ਸਾਰੇ ਤੁਹਾਡੇ ਨਾਲ (ਮਿਲਕੇ) ਲੜਦੇ ਹਨ[2] ਅਤੇ ਇਹ ਗੱਲ ਵੀ ਚੇਤੇ ਰੱਖੋ ਕਿ ਅੱਲਾਹ ਪਰਹੇਜ਼ਗਾਰਾਂ ਦਾ ਹੀ ਸਾਥੀ ਹੈ।

إِنَّمَا النَّسِيءُ زِيَادَةٌ فِي الْكُفْرِ ۖ يُضَلُّ بِهِ
الَّذِينَ كَفَرُوا يُحِلُّونَهُ عَامًا وَيُحَرِّمُونَهُ
عَامًا لِيُوَاطِئُوا عِدَّةَ مَا حَرَّمَ اللَّهُ فَيُحِلُّوا
مَا حَرَّمَ اللَّهُ ۚ زُيِّنَ لَهُمْ سُوءُ أَعْمَالِهِمْ ۗ
وَاللَّهُ لَا يَهْدِي الْقَوْمَ الْكَافِرِينَ ٣٧

37 ਨਿਰਸੰਦੇਹ, ਕਿਸੇ ਮਹੀਨੇ ਨੂੰ ਅੱਗੇ ਪਿੱਛੇ ਕਰ ਦੇਣਾ ਕੁਫ਼ਰ ਵਿਚ ਵਾਧਾ ਕਰਨਾ ਹੈ, ਇਸੇ ਕਾਰਨ ਕਾਫ਼ਿਰਾਂ ਨੂੰ ਕੁਰਾਹੇ ਪਾਇਆ ਜਾਂਦਾ ਹੈ। ਉਹ (ਮੁਸ਼ਰਿਕ) ਇਕ ਸਾਲ ਲਈ ਕਿਸੇ (ਮਹੀਨੇ) ਨੂੰ ਜਾਇਜ਼ (ਹਲਾਲ) ਬਣਾ ਲੈਂਦੇ ਹਨ ਅਤੇ ਦੂਜੇ ਸਾਲ ਉਸੇ ਨੂੰ ਹਰਾਮ (ਲੜਾਈ ਤੋਂ ਵਰਜਿਤ ਕੀਤਾ ਹੋਇਆ) ਬਣਾ ਲੈਂਦੇ ਹਨ, ਤਾਂ ਜੋ ਉਹਨਾਂ ਮਹੀਨਿਆਂ ਦੀ ਗਿਣਤੀ ਪੂਰੀ ਕਰ ਲੈਣ ਜਿਨ੍ਹਾਂ ਨੂੰ ਅੱਲਾਹ ਨੇ ਹਰਾਮ ਪਵਿੱਤਰ ਕੀਤਾ ਹੋਇਆ ਹੈ, ਇੰਜ ਉਸ ਨੂੰ ਹਲਾਲ ਬਣਾ ਲੈਂਦੇ ਹਨ ਜਿਸ ਨੂੰ

[1] ਵੇਖੋ ਸੂਰਤ ਆਲੇ ਇਮਰਾਨ, ਹਾਸ਼ੀਆ ਆਇਤ 180/3

[2] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 193/2

ਅੱਲਾਹ ਨੇ ਹਰਾਮ ਕੀਤਾ ਹੈ। ਉਹਨਾਂ ਨੂੰ ਉਹਨਾਂ ਦੇ ਭੈੜੇ ਕੰਮ ਵੀ ਭਲੇ ਵਿਖਾਈ ਦਿੰਦੇ ਹਨ। ਅੱਲਾਹ ਕਾਫ਼ਿਰਾਂ ਦੀ ਰਾਹਨੁਮਾਈ ਨਹੀਂ ਕਰਦਾ।

يَٰٓأَيُّهَا ٱلَّذِينَ ءَامَنُواْ مَا لَكُمْ إِذَا قِيلَ لَكُمُ ٱنفِرُواْ فِي سَبِيلِ ٱللَّهِ ٱثَّاقَلْتُمْ إِلَى ٱلْأَرْضِۚ أَرَضِيتُم بِٱلْحَيَوٰةِ ٱلدُّنْيَا مِنَ ٱلْءَاخِرَةِۚ فَمَا مَتَٰعُ ٱلْحَيَوٰةِ ٱلدُّنْيَا فِي ٱلْءَاخِرَةِ إِلَّا قَلِيلٌ ﴿٣٨﴾

38. ਹੇ ਈਮਾਨ ਵਾਲਿਓ! ਤੁਹਾਨੂੰ ਕੀ ਹੋ ਗਿਆ ਹੈ ਕਿ ਜਦੋਂ ਤੁਹਾਨੂੰ ਕਿਹਾ ਜਾਂਦਾ ਹੈ ਕਿ ਅੱਲਾਹ ਦੀ ਰਾਹ ਵਿਚ ਨਿਕਲੋ ਤਾਂ ਤੁਸੀਂ ਧਰਤੀ ਨਾਲ ਚਿਮਬੜੇ ਰਹਿੰਦੇ ਹੋ।[1] ਕੀ ਤੁਸੀਂ ਆਖ਼ਿਰਤ ਨੂੰ ਛੱਡ ਕੇ ਦੁਨੀਆਂ ਦੇ ਹੀ ਲਾਲਚੀ ਬਣ ਗਏ ਹੋ। ਸੁਣੋ! ਸੰਸਾਰਿਕ ਜੀਵਨ ਦਾ ਲਾਭ ਆਖ਼ਿਰਤ ਦੇ ਮੁਕਾਬਲੇ ਵਿਚ ਕੁੱਝ ਵੀ ਨਹੀਂ।

إِلَّا تَنفِرُواْ يُعَذِّبْكُمْ عَذَابًا أَلِيمًا وَيَسْتَبْدِلْ قَوْمًا غَيْرَكُمْ وَلَا تَضُرُّوهُ شَيْـًٔاۗ وَٱللَّهُ عَلَىٰ كُلِّ شَيْءٍ قَدِيرٌ ﴿٣٩﴾

39. ਜੇ ਤੁਸੀਂ (ਲੜਣ ਲਈ) ਨਹੀਂ ਨਿਕਲੋਗੇ ਤਾਂ ਅੱਲਾਹ ਤੁਹਾਨੂੰ ਦਰਦਨਾਕ ਅਜ਼ਾਬ ਦੇਵੇਗਾ ਅਤੇ ਤੁਹਾਡੀ ਥਾਂ ਕਿਸੇ ਹੋਰ ਕੌਮ ਨੂੰ ਲੈ ਆਵੇਗਾ। ਤੁਸੀਂ ਉਸ ਦਾ ਕੁੱਝ ਵੀ ਵਿਗਾੜ ਨਹੀਂ ਸਕੋਗੇ ਜਦ ਕਿ ਅੱਲਾਹ ਹਰ ਪ੍ਰਕਾਰ ਦੀ ਸਮਰਥਾ ਰੱਖਦਾ ਹੈ।

إِلَّا تَنصُرُوهُ فَقَدْ نَصَرَهُ ٱللَّهُ إِذْ أَخْرَجَهُ ٱلَّذِينَ كَفَرُواْ ثَانِيَ ٱثْنَيْنِ إِذْ هُمَا فِي ٱلْغَارِ إِذْ يَقُولُ لِصَٰحِبِهِۦ لَا تَحْزَنْ إِنَّ ٱللَّهَ مَعَنَاۖ فَأَنزَلَ ٱللَّهُ سَكِينَتَهُۥ عَلَيْهِ وَأَيَّدَهُۥ بِجُنُودٍ لَّمْ تَرَوْهَا وَجَعَلَ كَلِمَةَ ٱلَّذِينَ كَفَرُواْ ٱلسُّفْلَىٰۗ وَكَلِمَةُ ٱللَّهِ هِيَ ٱلْعُلْيَاۗ وَٱللَّهُ عَزِيزٌ حَكِيمٌ ﴿٤٠﴾

40. ਜੇ ਤੁਸੀਂ ਉਹਨਾਂ (ਮੁਹੰਮਦ ਸ:) ਦੀ ਮਦਦ ਨਾ ਕੀਤੀ (ਤਾਂ ਕੁੱਝ ਪਰਵਾਹ ਨਹੀਂ) ਕਿਉਂ ਜੋ ਉਸ ਦੀ ਮਦਦ ਤਾਂ ਅੱਲਾਹ ਨੇ ਉਸ ਵੇਲੇ ਵੀ ਕੀਤੀ ਸੀ ਜਦੋਂ ਉਸ ਨੂੰ ਕਾਫ਼ਿਰਾਂ ਵੱਲੋਂ (ਮੱਕੇ 'ਚੋਂ) ਦੇਸ਼ ਨਿਕਾਲਾ ਦਿੱਤਾ ਗਿਆ ਸੀ। ਜਦੋਂ ਉਹ (ਮੁਹੰਮਦ ਸ:) ਦੋ ਵਿੱਚੋਂ ਦੂਜਾ ਸੀ ਜਦੋਂ ਉਹ ਦੋਵੇਂ (ਸੌਰ ਨਾਂ ਦੀ) ਗੁਫ਼ਾ ਵਿਚ ਸੀ, ਜਦੋਂ ਉਹ ਆਪਣੇ ਦੂਜੇ

---

1 ਅੱਲਾਹ ਦੀ ਰਾਹ ਵਿਚ ਜਿਹਾਦ ਕਰਨ ਦੀ ਬਹੁਤ ਵੱਡੀ ਮਹੱਤਤਾ ਹੈ। ਇੱਥੋਂ ਤੀਕ ਕਿ ਸ਼ਹੀਦ ਦੁਨਿਆ ਵਿਚ ਮੁੜ ਆਉਣ ਦੀ ਇੱਛਾ ਕਰੇਗਾ ਤਾਂ ਜੋ ਉਹ ਮੁੜ ਸ਼ਹਾਦਤ ਮਰਤਬੇ ਨੂੰ ਪਹੁੰਚ ਸਕੇ। ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ ਕਿ ਕੋਈ ਵੀ ਅਜਿਹਾ ਵਿਅਕਤੀ ਨਹੀਂ ਜਿਸ ਨੂੰ ਮਰਨ ਮਗਰੋਂ ਅੱਲਾਹ ਕੋਲੋਂ ਵਧੀਆ ਬਦਲਾ ਮਿਲੇ ਫੇਰ ਵੀ ਉਹ ਦੁਨਿਆ ਵਿਚ ਮੁੜ ਆਉਣਾ ਪਸੰਦ ਕਰੇ ਭਾਵੇਂ ਕਿ ਉਸ ਨੂੰ ਦੁਨਿਆਂ ਵਿੱਚ ਜੋ ਕੁਝ ਵੀ ਹੈ ਉਸ ਨੂੰ ਉਹ ਸਭ ਕੁਝ ਦੇ ਦਿੱਤਾ ਜਾਵੇ ਛੁੱਟ ਸ਼ਹੀਦ ਤੋਂ ਕਿ ਉਹ ਸ਼ਹਾਦਤ ਦੀ ਵਡਿਆਈ ਵੇਖ ਕੇ ਚਾਹੇਗਾ ਕਿ ਉਹ ਮੁੜ ਸੰਸਾਰ ਵਿਚ ਜਾਵੇ ਅਤੇ ਮੁੜ ਸ਼ਹੀਦ ਹੋਵੇ। (ਸਹੀ ਬੁਖ਼ਾਰੀ, ਹਦੀਸ: 2795)

ਸਾਥੀ (ਅਬੂ-ਬਕਰ) ਨੂੰ ਆਖ ਰਹੇ ਸੀ ਕਿ ਡਰ ਨਾ ਬੇਸ਼ੱਕ ਅੱਲਾਹ ਸਾਡੇ ਅੰਗ ਸੰਗ ਹੈ। ਫੇਰ ਅੱਲਾਹ ਨੇ ਉਹਨਾਂ ਉੱਤੇ ਆਪਣੇ ਵੱਲੋਂ ਤਸੱਲੀ ਭੇਜੀ ਅਤੇ ਉਹਨਾਂ ਫ਼ੌਜਾਂ ਰਾਹੀਂ ਉਹਨਾਂ ਦੋਵਾਂ ਦੀ ਮਦਦ ਕੀਤੀ ਜਿਨ੍ਹਾਂ ਨੂੰ ਤੁਸੀਂ ਵੇਖਿਆ ਹੀ ਨਹੀਂ। ਉਸ (ਅੱਲਾਹ) ਨੇ ਕਾਫ਼ਿਰਾਂ ਦੀ ਗੱਲ ਨੂੰ ਨੀਵਾਂ ਕਰ ਦਿੱਤਾ ਅਤੇ ਗੱਲ (ਕਲਮਾਂ) ਤਾਂ ਅੱਲਾਹ ਦੀ ਹੀ ਉੱਚੀ ਹੈ। ਅੱਲਾਹ ਵੱਡਾ ਜ਼ੋਰਾਵਰ ਤੇ ਹਿਕਮਤਾਂ ਵਾਲਾ ਹੈ।

انْفِرُوْا خِفَافًا وَّثِقَالًا وَّجَاهِدُوْا بِاَمْوَالِكُمْ وَاَنْفُسِكُمْ فِيْ سَبِيْلِ اللّٰهِ ۭ ذٰلِكُمْ خَيْرٌ لَّكُمْ اِنْ كُنْتُمْ تَعْلَمُوْنَ ۝41

41. (ਹੇ ਮੁਸਲਮਾਨੋ!) ਭਾਵੇਂ ਤੁਸੀਂ ਹੌਲੇ (ਨਿਹੱਥੇ) ਹੋ ਜਾਂ ਭਾਰੇ (ਹਥਿਆਰ-ਬੰਦ) ਹੋਵੋ, ਆਪਣੀ ਜਾਨ ਤੇ ਮਾਲ ਨਾਲ ਅੱਲਾਹ ਦੀ ਰਾਹ ਵਿਚ ਜਿਹਾਦ ਕਰਨ ਲਈ ਨਿਕਲੋ ਇਹ ਤੁਹਾਡੇ ਲਈ ਚੰਗਾ ਹੈ, ਜੇ ਤੁਸੀਂ ਗਿਆਨ ਰੱਖਦੇ ਹੋ।

لَوْ كَانَ عَرَضًا قَرِيْبًا وَّسَفَرًا قَاصِدًا لَّاتَّبَعُوْكَ وَلٰكِنْۢ بَعُدَتْ عَلَيْهِمُ الشُّقَّةُ ۭ وَسَيَحْلِفُوْنَ بِاللّٰهِ لَوِ اسْتَطَعْنَا لَخَرَجْنَا مَعَكُمْ ۚ يُهْلِكُوْنَ اَنْفُسَهُمْ ۚ وَاللّٰهُ يَعْلَمُ اِنَّهُمْ لَكٰذِبُوْنَ ۝42

42. (ਹੇ ਨਬੀ!) ਜੇ ਲਾਭ ਮਿਲਣ ਵਿਚ ਛੇਤੀ ਹੁੰਦੀ ਅਤੇ ਸਫ਼ਰ ਵੀ ਆਸਾਨ ਹੁੰਦਾ ਤਾਂ ਇਹ (ਮੁਨਾਫ਼ਿਕ) ਲਾਜ਼ਮੀ ਤੁਹਾਡੇ ਪਿੱਛੇ ਹੋ ਜਾਂਦੇ ਪਰ ਇਹ ਪੈਂਡਾ ਇਹਨਾਂ ਨੂੰ ਵੱਡਾ ਹੀ ਔਖਾ ਵਿਖਾਈ ਦੇਣ ਲੱਗ ਪਿਆ ਹੁਣ ਇਹ ਲੋਕੀ ਅੱਲਾਹ ਦੀਆਂ ਕਸਮਾਂ ਖਾ ਖਾ ਕੇ ਆਖਣਗੇ ਕਿ ਜੇ ਸਾਡੇ ਵਿਚ ਤਾਕਤ ਹੁੰਦੀ ਤਾਂ ਅਸੀਂ ਜ਼ਰੂਰ ਹੀ ਤੁਹਾਡੇ ਨਾਲ (ਜੰਗ ਲਈ) ਨਿਕਲਦੇ। ਇਹ ਝੂਠੀਆਂ ਕਸਮਾਂ ਖਾ ਕੇ ਆਪਣੇ ਆਪ ਨੂੰ ਹੀ ਹਲਾਕ ਕਰ ਰਹੇ ਹਨ। ਇਹਨਾਂ ਦੇ ਝੂਠ ਦੀ ਪੂਰੀ ਜਾਣਕਾਰੀ ਅੱਲਾਹ ਰੱਖਦਾ ਹੈ।

عَفَا اللّٰهُ عَنْكَ ۚ لِمَ اَذِنْتَ لَهُمْ حَتّٰى يَتَبَيَّنَ لَكَ الَّذِيْنَ صَدَقُوْا وَتَعْلَمَ الْكٰذِبِيْنَ ۝43

43. ਹੇ ਨਬੀ! ਅੱਲਾਹ ਨੇ ਤੁਹਾਨੂੰ ਮੁਆਫ਼ ਕਰ ਦਿੱਤਾ ਤੁਸੀਂ ਇਹਨਾਂ (ਮੁਨਾਫ਼ਿਕਾਂ) ਨੂੰ (ਜੰਗ ਵਿਚ ਨਾ ਜਾਣ ਦੀ) ਛੂਟ ਕਿਉਂ ਦਿੱਤੀ? (ਜੇ ਤੁਸੀਂ ਛੂਟ ਨਾ ਦਿੰਦੇ) ਤਾਂ ਤੁਹਾਡੇ ਸਾਹਮਣੇ ਸੱਚੇ ਲੋਕ ਵੀ ਆ ਜਾਂਦੇ ਅਤੇ ਤੁਸੀਂ ਝੂਠੇ ਲੋਕਾਂ ਨੂੰ ਵੀ ਜਾਣ ਜਾਂਦੇ।

44 (ਹੇ ਨਬੀ!) ਜਿਹੜੇ ਲੋਕ ਅੱਲਾਹ ਅਤੇ ਆਖ਼ਿਰਤ ਦੇ ਦਿਹਾੜੇ ਤੇ (ਸੱਚੇ ਮਨੋਂ) ਈਮਾਨ ਰੱਖਦੇ ਹਨ, ਉਹ ਤੁਹਾਥੋਂ ਉਹ ਅਪਣੇ ਧਨ ਨਾਲ ਤੇ ਆਪਣੀਆਂ ਜਾਨਾਂ ਨਾਲ ਜਿਹਾਦ ਕਰਨ ਕਰਨ ਤੋਂ ਛੁਟ ਨਹੀਂ ਮੰਗਦੇ। ਅੱਲਾਹ ਪਰਹੇਜ਼ਗਾਰਾਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

لَا يَسْتَأْذِنُكَ الَّذِينَ يُؤْمِنُونَ بِاللَّهِ وَالْيَوْمِ
الْآخِرِ أَن يُجَاهِدُوا بِأَمْوَالِهِمْ وَأَنفُسِهِمْ
وَاللَّهُ عَلِيمٌ بِالْمُتَّقِينَ ٤٤

45 ਇਹ (ਨਾ ਲੜਨ ਦੀ) ਆਗਿਆ ਤਾਂ ਤੁਹਾਥੋਂ ਕੇਵਲ ਉਹੀਓ ਮੰਗਦੇ ਹਨ, ਜਿਨ੍ਹਾਂ ਨੂੰ ਨਾ ਤਾਂ ਅੱਲਾਹ ਤੇ ਈਮਾਨ ਹੈ ਨਾ ਆਖ਼ਿਰਤ ਦੇ ਦਿਨ 'ਤੇ ਵਿਸ਼ਵਾਸ ਹੈ। ਉਨ੍ਹਾਂ ਦੇ ਦਿਲ ਸ਼ੰਕਾ ਵਿਚ ਫਸੇ ਹੋਏ ਹਨ ਉਹ ਆਪਣੇ ਸ਼ੱਕ ਵਿਚ ਹੀ ਡਾਵਾਂ-ਡੋਲ ਹਨ।

إِنَّمَا يَسْتَأْذِنُكَ الَّذِينَ لَا يُؤْمِنُونَ بِاللَّهِ
وَالْيَوْمِ الْآخِرِ وَارْتَابَتْ قُلُوبُهُمْ فَهُمْ
فِي رَيْبِهِمْ يَتَرَدَّدُونَ ٤٥

46 ਜੇ ਉਨ੍ਹਾਂ ਦੀ ਇੱਛਾ ਜਿਹਾਦ ਲਈ ਨਿਕਲਣ ਦੀ ਹੁੰਦੀ ਤਾਂ ਉਹ ਇਸ ਲਈ ਕੁੱਝ ਤਾਂ ਸਾਮਾਨ ਤਿਆਰ ਰੱਖਦੇ, ਪਰ ਅੱਲਾਹ ਨੂੰ ਉਹਨਾਂ ਦਾ ਨਿਕਲਣਾ ਪਸੰਦ ਹੀ ਨਹੀਂ ਸੀ, ਇਸ ਲਈ ਉਨ੍ਹਾਂ ਨੂੰ ਸੁਸਤ ਕਰ ਛੱਡਿਆ ਅਤੇ ਉਹਨਾਂ ਨੂੰ ਆਖ ਦਿੱਤਾ ਕਿ ਤੁਸੀਂ ਬੈਠਣ ਵਾਲਿਆਂ ਨਾਲ ਹੀ ਬੈਠੇ ਰਹੋ

وَلَوْ أَرَادُوا الْخُرُوجَ لَأَعَدُّوا لَهُ عُدَّةً
وَلَٰكِن كَرِهَ اللَّهُ انبِعَاثَهُمْ فَثَبَّطَهُمْ
وَقِيلَ اقْعُدُوا مَعَ الْقَاعِدِينَ ٤٦

47 ਜੇ ਇਹ ਮੁਨਾਫ਼ਿਕ ਤੁਹਾਡੇ ਨਾਲ ਨਿਕਲ ਵੀ ਜਾਂਦੇ ਤਾਂ ਵੀ ਤੁਹਾਡੀਆਂ ਪਰੇਸ਼ਾਨੀਆਂ ਵਿਚ ਵਾਧਾ ਹੀ ਕਰਦੇ। ਉਹ ਤੁਹਾਡੇ ਵਿਚਾਲੇ ਫ਼ਿਤਨਾ ਫ਼ਸਾਦ ਫੈਲਾਉਣ ਲਈ ਭੱਜ-ਨੱਠ ਕਰਦੇ, ਤੁਹਾਡੇ ਵਿਚਾਲੇ ਉਹਨਾਂ ਦੇ ਜਾਸੂਸ ਵੀ ਹਨ। ਅੱਲਾਹ ਇਹਨਾਂ ਜ਼ਾਲਮਾਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

لَوْ خَرَجُوا فِيكُم مَّا زَادُوكُمْ إِلَّا خَبَالًا وَلَأَ
وْضَعُوا خِلَالَكُمْ يَبْغُونَكُمُ الْفِتْنَةَ وَفِيكُمْ
سَمَّاعُونَ لَهُمْ وَاللَّهُ عَلِيمٌ بِالظَّالِمِينَ ٤٧

48 (ਹੇ ਨਬੀ!) ਇਸ ਤੋਂ ਪਹਿਲਾਂ ਵੀ ਇਹ (ਮੁਨਾਫ਼ਿਕ) ਲੋਕੀ ਫ਼ਿਤਨਾ ਫੈਲਾਉਣ ਦੇ ਜਤਨ ਕਰਦੇ ਰਹੇ ਹਨ ਅਤੇ ਤੁਹਾਡੇ ਕੰਮਾਂ ਨੂੰ ਅਸਫ਼ਲ ਬਣਾਉਣ ਵਿਚ ਲੱਗੇ ਰਹੇ, ਇੱਥੋਂ ਤਕ ਕਿ ਹੱਕ

لَقَدِ ابْتَغَوُا الْفِتْنَةَ مِن قَبْلُ وَقَلَّبُوا
لَكَ الْأُمُورَ حَتَّىٰ جَاءَ الْحَقُّ وَظَهَرَ أَمْرُ
اللَّهِ وَهُمْ كَارِهُونَ ٤٨

ਆ ਗਿਆ ਅਤੇ ਅੱਲਾਹ ਦਾ ਹੁਕਮ ਭਾਰੂ ਹੋ ਗਿਆ ਜਦ ਕਿ ਉਹ (ਹੱਕ ਨੂੰ) ਨਾ-ਪਸੰਦ ਕਰਦੇ ਸਨ।

49. ਇਹਨਾਂ ਵਿੱਚੋਂ ਕੋਈ ਤੁਹਾਨੂੰ ਕਹਿੰਦਾ ਹੈ ਕਿ ਮੈਨੂੰ ਛੁੱਟੀ ਦੇ ਦਿਓ, ਮੈਨੂੰ ਅਜ਼ਮਾਇਸ਼ (ਬਿਪਤਾ) ਵਿਚ ਨਾ ਪਾਓ, ਖ਼ਬਰਦਾਰ ਉਹ ਤਾਂ ਅਜ਼ਮਾਇਸ਼ ਵਿਚ ਫਸ ਚੁੱਕੇ ਹਨ ਅਤੇ ਬੇਸ਼ੱਕ ਨਰਕ ਇਹਨਾਂ ਕਾਫ਼ਿਰਾਂ ਨੂੰ ਘੇਰਨ ਵਾਲੀ ਹੈ।

وَمِنْهُم مَّن يَقُولُ ائْذَن لِّي وَلَا تَفْتِنِّي ۚ
أَلَا فِي الْفِتْنَةِ سَقَطُوا ۗ وَإِنَّ جَهَنَّمَ لَمُحِيطَةٌ
بِالْكَافِرِينَ ٤٩

50. (ਹੇ ਨਬੀ!) ਜੇ ਤੁਹਾਨੂੰ ਕੋਈ ਲਾਭ ਹੁੰਦਾ ਹੈ ਤਾਂ ਇਹਨਾਂ ਨੂੰ ਦੁੱਖ ਹੁੰਦਾ ਹੈ, ਜੇ ਕੋਈ ਬਿਪਤਾ ਆਉਂਦੀ ਹੈ ਤਾਂ ਆਖਦੇ ਹਨ ਕਿ ਅਸੀਂ ਤਾਂ ਪਹਿਲਾਂ ਹੀ ਆਪਣੇ ਪ੍ਰਤੀ ਸੁਰੱਖਿਅਕ ਨੀਤੀ ਅਪਣਾਈ ਸੀ। ਇੰਜ ਉਹ ਪ੍ਰਸੰਨ-ਚਿਤ ਹੋਕੇ ਪਰਤਦੇ ਹਨ।

إِن تُصِبْكَ حَسَنَةٌ تَسُؤْهُمْ ۖ وَإِن تُصِبْكَ
مُصِيبَةٌ يَقُولُوا قَدْ أَخَذْنَا أَمْرَنَا مِن
قَبْلُ وَيَتَوَلَّوا وَّهُمْ فَرِحُونَ ٥٠

51. (ਹੇ ਨਬੀ!) ਆਖ ਦਿਓ! ਕਿ ਸਾਨੂੰ ਤਾਂ ਕੇਵਲ ਉਹੀਓ ਮੁਸੀਬਤ ਪਹੁੰਚੇਗੀ ਜੋ ਅੱਲਾਹ ਨੇ ਸਾਡੇ ਲਈ ਲਿਖ ਛੱਡੀ ਹੈ। ਉਹੀਓ ਸਾਡਾ ਕਾਰਜ ਸਾਧਕ ਹੈ। ਮੋਮਿਨਾਂ ਨੂੰ ਉਸੇ ’ਤੇ ਹੀ ਭਰੋਸਾ ਕਰਨਾ ਚਾਹੀਦਾ ਹੈ।

قُل لَّن يُصِيبَنَا إِلَّا مَا كَتَبَ اللَّهُ لَنَا هُوَ
مَوْلَانَا ۚ وَعَلَى اللَّهِ فَلْيَتَوَكَّلِ الْمُؤْمِنُونَ ٥١

52. (ਹੇ ਨਬੀ!) ਆਖ ਦਿਓ, ਹੇ ਮੁਨਾਫ਼ਿਕੋ! ਕਿ ਤੁਸੀਂ ਸਾਡੇ ਹੱਕ ਵਿਚ ਲਿਖਿਆ ਹੋਈਆਂ ਦੋ ਭਲਾਈਆਂ ਵਿੱਚੋਂ ਕਿਸੇ ਇਕ (ਜਿੱਤ ਜਾਂ ਸ਼ਹਾਦਤ) ਦੀ ਉਡੀਕ ਕਰ ਰਹੇ ਹੋ ਅਤੇ ਅਸੀਂ ਤੁਹਾਡੇ ਹੱਕ ਵਿਚ ਇਸ ਗੱਲ ਦੀ ਉਡੀਕ ਵਿਚ ਹਾਂ ਕਿ ਅੱਲਾਹ ਤੁਹਾਨੂੰ ਆਪਣੇ ਕੋਲ ਤੋਂ ਅਜ਼ਾਬ ਦੇਵੇ ਜਾਂ ਸਾਡੇ ਹੱਥੋਂ ਅਜ਼ਾਬ ਦੁਆਵੇ। ਚੰਗਾ ਤਾਂ ਹੁਣ ਤੁਸੀਂ ਵੀ ਉਡੀਕ ਕਰੋ ਤੁਹਾਡੇ ਨਾਲ ਅਸੀਂ ਵੀ ਉਡੀਕ ਕਰਦੇ ਹਾਂ।

قُلْ هَلْ تَرَبَّصُونَ بِنَا إِلَّا إِحْدَى الْحُسْنَيَيْنِ ۖ
وَنَحْنُ نَتَرَبَّصُ بِكُمْ أَن يُصِيبَكُمُ اللَّهُ بِعَذَابٍ
مِّنْ عِندِهِ أَوْ بِأَيْدِينَا ۖ فَتَرَبَّصُوا إِنَّا
مَعَكُم مُّتَرَبِّصُونَ ٥٢

53. (ਹੇ ਨਬੀ !) ਆਖ ਦਿਓ ! ਹੇ ਮੁਨਾਫ਼ਿਕੋਂ ! ਤੁਸੀਂ ਰਾਜ਼ੀ ਚਾਹੁੰਦੇ ਹੋਏ ਖ਼ਰਚ ਕਰੋ ਜਾਂ ਨਾ ਚਾਹੁੰਦੇ ਹੋਏ, ਤੁਹਾਥੋਂ ਉੱਕਾ ਹੀ ਸਵੀਕਾਰ ਨਹੀਂ ਕੀਤਾ ਜਾਵੇਗਾ, ਤੁਸੀਂ ਤਾਂ ਝੂਠੇ ਲੋਕ ਹੋ।

قُلْ أَنفِقُوا طَوْعًا أَوْ كَرْهًا لَّن يُتَقَبَّلَ
مِنكُمْ ۖ إِنَّكُمْ كُنتُمْ قَوْمًا فَاسِقِينَ (53)

54. ਇਹਨਾਂ ਦੇ ਖ਼ਰਚ ਕੀਤੇ ਹੋਏ ਮਾਲ ਨੂੰ ਨਾ ਕਬੂਲ ਕਰਨ ਦਾ ਇਸ ਤੋਂ ਛੁੱਟ ਹੋਰ ਕੋਈ ਕਾਰਨ ਨਹੀਂ ਕਿ ਇਹ ਅੱਲਾਹ ਅਤੇ ਉਸ ਦੇ ਰਸੂਲ ਦੇ ਇਨਕਾਰੀ ਹਨ ਅਤੇ ਆਪਣੀਆਂ ਨਮਾਜ਼ਾਂ ਲਈ ਵੀ ਜਕੇ ਜਕੀ ਆਉਂਦੇ ਹਨ[1] ਅਤੇ ਰੱਬ ਦੀ ਰਾਹ ਵਿਚ ਵੀ ਨਾ ਚਾਹੁੰਦੇ ਹੋਏ ਖ਼ਰਚ ਕਰਦੇ ਹਨ।

وَمَا مَنَعَهُمْ أَن تُقْبَلَ مِنْهُمْ نَفَقَاتُهُمْ إِلَّا أَنَّهُمْ
كَفَرُوا بِاللَّهِ وَبِرَسُولِهِ وَلَا يَأْتُونَ الصَّلَاةَ إِلَّا
وَهُمْ كُسَالَىٰ وَلَا يُنفِقُونَ إِلَّا وَهُمْ كَارِهُونَ (54)

55. ਮੈਂ ਤੁਹਾਨੂੰ ਇਹਨਾਂ ਦੀ ਦੌਲਤ ਤੇ ਸੰਤਾਨ ਕਿਸੇ ਧੋਖੇ ਵਿਚ ਨਾ ਪਾ ਦੇਵੇ। ਅੱਲਾਹ ਤਾਂ ਇਹੋ ਚਾਹੁੰਦਾ ਹੈ ਕਿ ਇਸੇ (ਧਨ ਤੇ ਔਲਾਦ) ਰਾਹੀਂ ਇਹਨਾਂ ਨੂੰ ਸੰਸਾਰਿਕ ਜੀਵਨ ਵਿਚ ਹੀ ਸਜ਼ਾ ਦੇ ਦੇਵੇ ਅਤੇ ਕੁਫ਼ਰ ਦੀ ਹਾਲਤ ਵਿਚ ਹੀ ਇਹਨਾਂ ਦੀ ਮੌਤ ਹੋਵੇ।

فَلَا تُعْجِبْكَ أَمْوَالُهُمْ وَلَا أَوْلَادُهُمْ ۚ إِنَّمَا
يُرِيدُ اللَّهُ لِيُعَذِّبَهُم بِهَا فِي الْحَيَاةِ الدُّنْيَا
وَتَزْهَقَ أَنفُسُهُمْ وَهُمْ كَافِرُونَ 55

56. ਇਹ ਅੱਲਾਹ ਦੀਆਂ ਕਸਮਾਂ ਖਾ ਖਾ ਕੇ ਕਹਿੰਦੇ ਹਨ ਕਿ ਅਸੀਂ ਤੁਹਾਡੇ ਵਿੱਚੋਂ ਹੀ ਹਾਂ, ਜਦ ਕਿ ਉਹ ਉੱਕਾ ਹੀ ਤੁਹਾਡੇ ਵਿੱਚੋਂ ਨਹੀਂ, ਸਗੋਂ ਇਹ ਤਾਂ ਤੁਹਾਥੋਂ ਡਰਦੇ ਹਨ।

وَيَحْلِفُونَ بِاللَّهِ إِنَّهُمْ لَمِنكُمْ وَمَا هُم
مِّنكُمْ وَلَٰكِنَّهُمْ قَوْمٌ يَفْرَقُونَ 56

[1] ਇਸ ਤੋਂ ਪਤਾ ਚਲਦਾ ਹੈ ਕਿ ਨਮਾਜ਼ ਵਿਚ ਸੁਸਤੀ ਕਰਨਾ ਮੁਨਾਫ਼ਿਕਾਂ ਦਾ ਕੰਮ ਹੈ। ਅੱਲਾਹ ਦੇ ਰਸੂਲ (ਸ.) ਨੇ ਫ਼ਰਮਾਇਆ ਕਿ ਫ਼ਜਰ ਤੇ ਇਸ਼ਾ ਦੀ ਨਮਾਜ਼ ਮੁਨਾਫ਼ਿਕਾਂ ਉੱਤੇ ਸਭ ਤੋਂ ਭਾਰੀ ਹੁੰਦੀ ਹੈ। ਪਰ ਜੇ ਉਹਨਾਂ ਨੂੰ ਇਸ ਗੱਲ ਦਾ ਗਿਆਨ ਹੋ ਜਾਵੇ ਕਿ ਇਹਨਾਂ ਦੋਵਾਂ ਨਮਾਜ਼ਾਂ ਦਾ ਕਿੰਨਾ ਵੱਡਾ ਬਦਲਾ ਹੈ ਤਾਂ ਉਹ ਜ਼ਰੂਰ ਮਸੀਤਾਂ ਵਿਚ ਆਉਣਗੇ ਭਾਵੇਂ ਉਹਨਾਂ ਨੂੰ ਰਿੜ੍ਹਦੇ ਹੋਏ ਹੀ ਕਿਉਂ ਨਾ ਆਉਣਾ ਪਵੇ। ਅੱਲਾਹ ਦੇ ਰਸੂਲ (ਸ.) ਨੇ ਇਹ ਵੀ ਫ਼ਰਮਾਇਆ ਕਿ ਮੈਂ ਮੁਅੱਜ਼ਨ ਨੂੰ ਅਕਾਮਤ ਦਾ ਹੁਕਮ ਦਵਾਂ ਅਤੇ ਫੇਰ ਉਹ ਅਕਾਮਤ ਕਹੇ ਅਤੇ ਮੈਂ ਕਿਸੇ ਦੂਜੇ ਵਿਅਕਤੀ ਨੂੰ ਹੁਕਮ ਦਵਾਂ ਕਿ ਉਹ ਲੋਕਾਂ ਦੀ ਇਮਾਮਤ ਕਰਵਾਏ, ਫੇਰ ਮੈਂ ਅੱਗ ਲੈ ਕੇ ਉਹਨਾਂ ਲੋਕਾਂ ਦੇ ਘਰਾਂ ਨੂੰ ਅੱਗ ਲਾ ਦਵਾਂ ਜਿਹੜੇ ਆਪਣੇ ਘਰੋਂ ਨਮਾਜ਼ ਲਈ ਨਹੀਂ ਨਿਕਲੇ। ਉਹਨਾਂ ਨੂੰ ਮੈਂ ਸਣੇ ਉਹਨਾਂ ਦੇ ਘਰ ਦੇ ਜਲਾ ਦਵਾਂ। (ਸਹੀ ਬੁਖ਼ਾਰੀ, ਹਦੀਸ: 657)

57. ਜੇ ਉਹਨਾਂ ਨੂੰ ਕੋਈ ਸ਼ਰਨ ਅਸਥਾਨ ਜਾਂ ਕੋਈ ਖੋਹ ਜਾਂ ਕੋਈ ਸਿਰ ਲੁਕਾਉਣ ਦੀ ਥਾਂ ਮਿਲ ਜਾਵੇ ਤਾਂ ਇਹ ਸਭ ਕੁੱਝ ਛੱਡ ਕੇ ਉਸੇ ਵੱਲ ਨੱਸੇ ਜਾਣਗੇ

لَوْ يَجِدُونَ مَلْجَأً أَوْ مَغَارَاتٍ أَوْ مُدَّخَلًا لَّوَلَّوْا إِلَيْهِ وَهُمْ يَجْمَحُونَ ﴿٥٧﴾

58. (ਹੇ ਨਬੀ!) ਇਹਨਾਂ ਵਿਚ ਉਹ ਵੀ ਹਨ ਜਿਹੜੇ ਸਦਕਿਆਂ ਦੀ ਵੰਡ ਪ੍ਰਤੀ ਤੁਹਾਡੇ ਉੱਤੇ ਇਤਰਾਜ਼ ਕਰਦੇ ਹਨ, ਜੇਕਰ ਇਹਨਾਂ ਨੂੰ ਇਸ (ਮਾਲ) ਵਿੱਚੋਂ ਕੁੱਝ ਮਿਲ ਜਾਵੇ ਤਾਂ ਖ਼ੁਸ਼ ਹੁੰਦੇ ਹਨ ਜੇ ਨਾ ਮਿਲੇ ਤਾਂ ਵਿਗੜਨ ਲੱਗ ਜਾਂਦੇ ਹਨ।

وَمِنْهُم مَّن يَلْمِزُكَ فِي الصَّدَقَاتِ فَإِنْ أُعْطُوا مِنْهَا رَضُوا وَإِن لَّمْ يُعْطَوْا مِنْهَا إِذَا هُمْ يَسْخَطُونَ ﴿٥٨﴾

59. ਕਿੰਨਾ ਚੰਗਾ ਹੁੰਦਾ ਕਿ ਅੱਲਾਹ ਤੇ ਉਸ ਦੇ ਰਸੂਲ ਨੇ ਉਹਨਾਂ ਨੂੰ ਜੋ ਕੁੱਝ ਵੀ ਦਿੱਤਾ ਸੀ ਉਸੇ 'ਤੇ ਹੀ ਰਾਜ਼ੀ ਰਹਿੰਦੇ ਅਤੇ ਆਖਦੇ ਕਿ ਸਾਡੇ ਲਈ ਅੱਲਾਹ ਹੀ ਬਥੇਰਾ ਹੈ, ਛੇਤੀ ਹੀ ਅੱਲਾਹ ਤੇ ਉਸ ਦਾ ਰਸੂਲ ਸਾਨੂੰ ਆਪਣੇ ਫ਼ਜ਼ਲਾਂ ਨਾਲ ਨਿਵਾਜ਼ੇਗਾ। ਅਸੀਂ ਤਾਂ ਅੱਲਾਹ ਤੋਂ ਹੀ ਆਸਾਂ ਰੱਖਣ ਵਾਲੇ ਹਾਂ।

وَلَوْ أَنَّهُمْ رَضُوا مَا آتَاهُمُ اللَّهُ وَرَسُولُهُ وَقَالُوا حَسْبُنَا اللَّهُ سَيُؤْتِينَا اللَّهُ مِن فَضْلِهِ وَرَسُولُهُ إِنَّا إِلَى اللَّهِ رَاغِبُونَ ﴿٥٩﴾

60. ਇਹ ਸਦਕਾ (ਜ਼ਕਾਤ) ਤਾਂ ਕੇਵਲ ਫ਼ਕੀਰਾਂ (ਗ਼ਰੀਬਾਂ) ਲਈ, ਮਸਕੀਨਾਂ[1] ਲਈ, ਸਦਕਾ ਵਸੂਲ ਕਰਨ ਵਾਲੇ ਕਰਮਚਾਰੀਆਂ ਲਈ, ਉਹਨਾਂ ਲੋਕਾਂ ਦੀ ਦਿਲਦਾਰੀ ਲਈ ਜਿਨ੍ਹਾਂ ਦੇ ਦਿਲ ਜੋੜਨ ਦੀ ਚਾਹ ਹੋਵੇ, ਗ਼ੁਲਾਮੀ ਤੋਂ ਗਰਦਨਾਂ ਛੁਡਵਾਉਣ ਲਈ, ਕਰਜ਼ਦਾਰਾਂ ਨੂੰ ਕਰਜ਼ ਤੋਂ ਬਚਾਉਣ ਲਈ, ਅੱਲਾਹ ਦੀ ਰਾਹ ਵਿਚ ਅਤੇ ਮੁਸਾਫ਼ਰਾਂ ਦੀ ਸਹਾਇਤਾ ਲਈ ਹੈ। ਇਹ (ਵੰਡ) ਅੱਲਾਹ ਵੱਲੋਂ ਫ਼ਰਜ਼ ਕੀਤੀ ਗਈ ਹੈ ਅੱਲਾਹ ਸਭ ਕੁੱਝ ਜਾਣਨ ਵਾਲਾ ਤੇ ਸਿਆਣਾ ਹੈ।

إِنَّمَا الصَّدَقَاتُ لِلْفُقَرَاءِ وَالْمَسَاكِينِ وَالْعَامِلِينَ عَلَيْهَا وَالْمُؤَلَّفَةِ قُلُوبُهُمْ وَفِي الرِّقَابِ وَالْغَارِمِينَ وَفِي سَبِيلِ اللَّهِ وَابْنِ السَّبِيلِ فَرِيضَةً مِّنَ اللَّهِ وَاللَّهُ عَلِيمٌ حَكِيمٌ ﴿٦٠﴾

61. ਇਹਨਾਂ (ਮੁਨਾਫ਼ਿਕਾਂ) ਵਿੱਚ ਉਹ ਵੀ ਹਨ ਜਿਹੜੇ ਨਬੀ (ਸ:) ਨੂੰ ਤਕਲੀਫ਼ਾਂ ਦਿੰਦੇ ਹਨ ਅਤੇ ਆਖਦੇ ਹਨ ਕਿ ਕੰਨਾਂ ਦਾ ਕੱਚਾ ਹੈ (ਹੇ ਨਬੀ!)

وَمِنْهُمُ الَّذِينَ يُؤْذُونَ النَّبِيَّ وَيَقُولُونَ هُوَ أُذُنٌ قُلْ أُذُنُ خَيْرٍ لَّكُمْ يُؤْمِنُ بِاللَّهِ

[1] ਵੇਖੋ ਸੂਰਹ ਅਲ-ਬਕਰਹ, ਹਾਸ਼ੀਆ ਆਇਤ 273, 83/2

ਤੁਸੀਂ ਆਖੋ ਕਿ ਉਹ ਕੰਨ ਤੁਹਾਡੇ ਭਲੇ ਦੀ ਹੀ ਗੱਲ ਸੁਣਦੇ ਹਨ। ਉਹ ਅੱਲਾਹ 'ਤੇ ਈਮਾਨ ਰੱਖਦਾ ਹੈ ਅਤੇ ਮੁਸਲਮਾਨਾਂ ਦੀਆਂ ਗੱਲਾਂ ਦਾ ਵਿਸ਼ਵਾਸ ਕਰਦਾ ਹੈ ਅਤੇ ਤੁਹਾਡੇ ਵਿੱਚੋਂ ਜੋ ਵੀ ਈਮਾਨ ਵਾਲਾ ਹੈ, ਇਹ (ਰਸੂਲ) ਉਹਨਾਂ ਲਈ ਰਹਿਮਤ ਹੈ। ਜਿਹੜੇ ਲੋਕੀ ਅੱਲਾਹ ਦੇ ਰਸੂਲ ਨੂੰ ਤਕਲੀਫ਼ਾਂ ਦਿੰਦੇ ਹਨ ਉਹਨਾਂ ਲਈ ਦੁਖਦਾਈ ਅਜ਼ਾਬ ਹੈ।

وَيُؤْمِنُ لِلْمُؤْمِنِينَ وَرَحْمَةٌ لِّلَّذِينَ
آمَنُوا مِنكُمْ ۚ وَالَّذِينَ يُؤْذُونَ
رَسُولَ اللَّهِ لَهُمْ عَذَابٌ أَلِيمٌ ﴿٦١﴾

62. (ਹੇ ਮੋਮਿਨੋ!) ਇਹ ਲੋਕ ਕੇਵਲ ਤੁਹਾਨੂੰ ਖ਼ੁਸ਼ ਕਰਨ ਲਈ ਤੁਹਾਡੇ ਸਾਹਮਣੇ ਅੱਲਾਹ ਦੀਆਂ ਸੁਹੰਾਂ ਖਾਂਦੇ ਹਨ ਜੇ ਇਹ ਮੋਮਿਨ ਹੁੰਦੇ ਤਾਂ ਅੱਲਾਹ ਅਤੇ ਉਸ ਦੇ ਰਸੂਲ ਨੂੰ ਖ਼ੁਸ਼ ਕਰਨ ਦਾ ਵੱਧ ਹੱਕ ਬਣਦਾ ਸੀ।

يَحْلِفُونَ بِاللَّهِ لَكُمْ لِيُرْضُوكُمْ وَاللَّهُ
وَرَسُولُهُ أَحَقُّ أَن يُرْضُوهُ إِن كَانُوا
مُؤْمِنِينَ ﴿٦٢﴾

63. ਕੀ ਇਹ ਨਹੀਂ ਜਾਣਦੇ ਕਿ ਜਿਹੜਾ ਵੀ ਅੱਲਾਹ ਅਤੇ ਉਸ ਦੇ ਰਸੂਲ ਦਾ ਵਿਰੋਧ ਕਰੇਗਾ ਉਸ ਲਈ ਨਰਕ ਦੀ ਅੱਗ ਹੈ ਜਿਸ ਵਿਚ ਉਹ ਸਦਾ ਰਹਿਣਗੇ, ਇਹੋ ਅਸਲੀ ਜ਼ਲਾਲਤ ਹੈ।

أَلَمْ يَعْلَمُوا أَنَّهُ مَن يُحَادِدِ اللَّهَ وَرَسُولَهُ
فَأَنَّ لَهُ نَارَ جَهَنَّمَ خَالِدًا فِيهَا ۚ
ذَٰلِكَ الْخِزْيُ الْعَظِيمُ ﴿٦٣﴾

64. ਮੁਨਾਫ਼ਿਕਾਂ ਨੂੰ ਹਰ ਵੇਲੇ ਇਹੋ ਡਰ ਲੱਗਿਆ ਰਹਿੰਦਾ ਹੈ ਕਿ ਮੁਸਲਮਾਨਾਂ ਉੱਤੇ ਕੋਈ ਸੂਰਤ ਅਜਿਹੀ ਨਾ ਉੱਤਰ ਆਵੇ ਜਿਹੜੀ ਉਹਨਾਂ (ਮੁਸਲਮਾਨਾਂ) ਨੂੰ ਇਹਨਾਂ (ਮੁਨਾਫ਼ਿਕਾਂ) ਦੇ ਮਨ ਦੀਆਂ ਗੱਲਾਂ ਦੱਸ ਦੇਵੇ। (ਹੇ ਨਬੀ!) ਆਖ ਦਿਓ। ਕਿ ਤੁਸੀਂ ਮਖੌਲ ਕਰਦੇ ਰਹੋ, ਬੇਸ਼ੱਕ ਅੱਲਾਹ ਉਹ ਸਭ ਪ੍ਰਗਟ ਕਰਨ ਵਾਲਾ ਹੈ ਜਿਸ ਗੱਲ ਤੋਂ ਤੁਸੀਂ ਡਰਦੇ ਹੋ।

يَحْذَرُ الْمُنَافِقُونَ أَن تُنَزَّلَ عَلَيْهِمْ سُورَةٌ
تُنَبِّئُهُم بِمَا فِي قُلُوبِهِمْ ۚ قُلِ اسْتَهْزِئُوا
إِنَّ اللَّهَ مُخْرِجٌ مَّا تَحْذَرُونَ ﴿٦٤﴾

65. ਜੇ ਤੁਸੀਂ ਉਹਨਾਂ ਤੋਂ ਪੁੱਛੋ ਤਾਂ ਝਟ ਆਖ ਦੇਣਗੇ ਕਿ ਅਸੀਂ ਤਾਂ ਆਪੋ ਵਿਚ ਹਾਸਾ-ਮਖੌਲ ਤੇ ਦਿਲ-ਲਗੀ ਕਰਦੇ ਸੀ। (ਹੇ ਨਬੀ!) ਆਖ ਦਿਓ! (ਹੇ ਮੁਨਾਫ਼ਿਕੋ) ਕੀ ਅੱਲਾਹ ਉਸ ਦੀਆਂ ਆਇਤਾਂ ਅਤੇ ਉਸ ਦਾ ਰਸੂਲ ਹੀ ਤੁਹਾਡੇ ਮਖੌਲ ਕਰਨ ਲਈ ਰਹਿ ਗਏ ਹਨ?

وَلَئِن سَأَلْتَهُمْ لَيَقُولُنَّ إِنَّمَا كُنَّا نَخُوضُ
وَنَلْعَبُ ۚ قُلْ أَبِاللَّهِ وَآيَاتِهِ وَرَسُولِهِ كُنتُمْ
تَسْتَهْزِئُونَ ﴿٦٥﴾

66. ਤੁਸੀਂ ਬਹਾਨੇ ਨਾ ਬਣਾਓ ਤੁਸੀਂ ਤਾਂ ਈਮਾਨ ਲਿਆਉਣ ਮਗਰੋਂ ਵੀ ਕੁਫ਼ਰ ਕੀਤਾ ਹੈ। ਜੇ ਅਸੀਂ ਤੁਹਾਡੇ ਵਿੱਚੋਂ ਕੁੱਝ ਲੋਕਾਂ ਨੂੰ ਮੁਆਫ਼ ਵੀ ਕਰ ਦਈਏ ਤਾਂ ਕੁੱਝ ਨੂੰ ਤਾਂ ਉਹਨਾਂ ਦੇ ਜੁਰਮਾਂ ਦੀ ਸਜ਼ਾ ਦੇਵਾਂਗੇ ਹੀ।

لَا تَعْتَذِرُوا قَدْ كَفَرْتُمْ بَعْدَ إِيمَانِكُمْ ۚ
إِنْ نَعْفُ عَنْ طَائِفَةٍ مِنْكُمْ نُعَذِّبْ
طَائِفَةً بِأَنَّهُمْ كَانُوا مُجْرِمِينَ ﴿٦٦﴾

67. ਸਾਰੇ ਹੀ ਮੁਨਾਫ਼ਿਕ ਮਰਦ ਅਤੇ ਮੁਨਾਫ਼ਿਕ ਔਰਤਾਂ ਇਕ ਦੂਜੇ ਨਾਲ ਸਮਾਨਤਾ ਰੱਖਦੇ ਹਨ, ਉਹ ਬੁਰਾਈ ਕਰਨ ਦਾ ਹੁਕਮ ਦਿੰਦੇ ਹਨ ਅਤੇ ਭਲੇ ਕੰਮਾਂ ਤੋਂ ਰੋਕਦੇ ਹਨ ਅਤੇ ਆਪਣੀਆਂ ਮੁੱਠੀਆਂ ਬੰਦ ਰੱਖਦੇ ਹਨ (ਭਾਵ ਖ਼ਰਚ ਨਹੀਂ ਕਰਦੇ) ਇਹ ਲੋਕ ਅੱਲਾਹ ਨੂੰ ਭੁੱਲ ਗਏ ਤਾਂ ਅੱਲਾਹ ਨੇ ਵੀ ਉਹਨਾਂ ਨੂੰ ਭੁਲਾ ਦਿੱਤਾ ਹੈ, ਅਸਲ ਵਿਚ ਮੁਨਾਫ਼ਿਕ ਲੋਕ ਹੀ ਪੁੱਠੇ ਤੇ ਭੈੜੀਆਂ ਹਰਕਤਾਂ ਕਰਦੇ ਹਨ।

الْمُنَافِقُونَ وَالْمُنَافِقَاتُ بَعْضُهُمْ مِنْ بَعْضٍ ۚ
يَأْمُرُونَ بِالْمُنْكَرِ وَيَنْهَوْنَ عَنِ الْمَعْرُوفِ
وَيَقْبِضُونَ أَيْدِيَهُمْ ۚ نَسُوا اللَّهَ فَنَسِيَهُمْ ۗ
إِنَّ الْمُنَافِقِينَ هُمُ الْفَاسِقُونَ ﴿٦٧﴾

68 ਅੱਲਾਹ ਇਹਨਾਂ ਮੁਨਾਫ਼ਿਕ ਮਰਦਾਂ ਅਤੇ ਮੁਨਾਫ਼ਿਕ ਔਰਤਾਂ ਨਾਲ ਅਤੇ ਕਾਫ਼ਿਰਾਂ ਨਾਲ ਨਰਕ ਦੀ ਅੱਗ ਦਾ ਵਾਅਦਾ ਕਰ ਚੁੱਕਿਆ ਹੈ, ਜਿੱਥੇ ਇਹ ਸਦਾ ਰਹਿਣਗੇ। ਉਹੀਓ (ਨਰਕ) ਇਹਨਾਂ ਲਈ ਬਥੇਰੀ ਹੈ। ਇਹਨਾਂ 'ਤੇ ਅੱਲਾਹ ਨੇ ਲਾਅਨਤ ਕੀਤੀ ਹੈ ਅਤੇ ਸਦੀਵੀ ਅਜ਼ਾਬ ਵੀ ਇਹਨਾਂ ਲਈ ਹੈ।

وَعَدَ اللَّهُ الْمُنَافِقِينَ وَالْمُنَافِقَاتِ وَالْكُفَّارَ
نَارَ جَهَنَّمَ خَالِدِينَ فِيهَا ۚ هِيَ حَسْبُهُمْ ۚ
وَلَعَنَهُمُ اللَّهُ ۖ وَلَهُمْ عَذَابٌ مُقِيمٌ ﴿٦٨﴾

69. (ਹੇ ਮੁਨਾਫ਼ਿਕੋ!) ਤੁਸੀਂ ਉਹਨਾਂ ਲੋਕਾਂ ਵਾਂਗ ਹੋ ਜਿਹੜੇ ਤੁਹਾਥੋਂ ਪਹਿਲਾਂ ਹੋਏ ਸਨ, ਉਹ ਤੁਹਾਥੋਂ ਕਿਤੇ ਵੱਧ ਸ਼ਕਤੀਸ਼ਾਲੀ ਸੀ ਅਤੇ ਦੌਲਤ ਤੇ ਔਲਾਦ ਪੱਖੋਂ ਵੀ ਵਾਧੂ ਸੀ। ਉਹ ਸੰਸਾਰ ਵਿੱਚੋਂ ਆਪਣਾ ਬਣਦਾ ਹਿੱਸਾ ਲੈ ਗਏ ਤੁਸੀਂ ਵੀ ਆਪਣਾ ਹਿੱਸਾ ਖਾ ਹੰਢਾ ਲਿਆ। ਤੁਸੀਂ ਵੀ ਉਹਨਾਂ ਵਾਂਗ ਹੀ ਬੇਕਾਰ ਦੇ ਵਾਦ-ਵਿਵਾਦ ਵਿਚ ਉਲਝੇ ਰਹੇ। ਉਹਨਾਂ ਦੇ ਕੀਤੇ ਕਰਮ ਸੰਸਾਰ ਵਿਚ ਵੀ ਤੇ ਆਖ਼ਿਰਤ ਵਿਚ ਵੀ ਅਜਾਈਂ ਗਏ। ਇਹੋ ਲੋਕ ਘਾਟੇ ਵਿਚ ਰਹਿਣ ਵਾਲੇ ਹਨ।

كَالَّذِينَ مِنْ قَبْلِكُمْ كَانُوا أَشَدَّ مِنْكُمْ
قُوَّةً وَأَكْثَرَ أَمْوَالًا وَأَوْلَادًا فَاسْتَمْتَعُوا
بِخَلَاقِهِمْ فَاسْتَمْتَعْتُمْ بِخَلَاقِكُمْ كَمَا
اسْتَمْتَعَ الَّذِينَ مِنْ قَبْلِكُمْ بِخَلَاقِهِمْ
وَخُضْتُمْ كَالَّذِي خَاضُوا ۚ أُولَٰئِكَ حَبِطَتْ
أَعْمَالُهُمْ فِي الدُّنْيَا وَالْآخِرَةِ ۖ وَأُولَٰئِكَ
هُمُ الْخَاسِرُونَ ﴿٦٩﴾

ألم يأتهم نبأ الذين من قبلهم قوم نوح وعاد وثمود وقوم إبراهيم وأصحب مدين والمؤتفكت أتتهم رسلهم بالبينت فما كان الله ليظلمهم ولكن كانوا أنفسهم يظلمون ﴿٧٠﴾

70. ਕੀ ਇਹਨਾਂ ਨੂੰ ਆਪਣੇ ਤੋਂ ਪਹਿਲਾਂ ਦੇ ਲੋਕਾਂ ਦੀਆਂ ਖ਼ਬਰਾਂ ਨਹੀਂ ਪਹੁੰਚੀਆਂ ਜਿਵੇਂ ਕੌਮ ਨੂਹ, ਆਦ, ਸਮੂਦ, ਇਬਰਾਹੀਮ ਅਤੇ ਅਹਿਲੇ ਮਦੀਨ ਤੇ ਉਹ ਬਸਤੀਆਂ ਜਿਨ੍ਹਾਂ ਨੂੰ ਉੱਪਰ ਥੱਲੇ ਕਰ ਦਿੱਤਾ ਗਿਆ ਸੀ? ਇਹਨਾਂ ਦੇ ਕੋਲ ਇਹਨਾਂ ਦੇ ਪੈਗ਼ੰਬਰ ਦਲੀਲਾਂ ਲੈ ਕੇ ਆਏ (ਪਰ ਇਹ ਨਹੀਂ ਮੰਨੇ)। ਅੱਲਾਹ ਅਜਿਹਾ ਨਹੀਂ ਕਿ ਇਹਨਾਂ 'ਤੇ ਜ਼ੁਲਮ ਕਰਦਾ, ਸਗੋਂ ਇਹਨਾਂ ਨੇ ਆਪ ਹੀ ਆਪਣੇ 'ਤੇ ਜ਼ੁਲਮ ਕੀਤੇ ਸੀ।

والمؤمنون والمؤمنت بعضهم أولياء بعض يأمرون بالمعروف وينهون عن المنكر ويقيمون الصلوة ويؤتون الزكوة ويطيعون الله ورسوله أولئك سيرحمهم الله إن الله عزيز حكيم ﴿٧١﴾

71. ਮੋਮਿਨ ਮਰਦ ਤੇ ਮੋਮਿਨ ਔਰਤਾਂ ਆਪਸ ਵਿਚ ਇਕ ਦੂਜੇ ਦੇ ਸਾਥੀ ਹਨ। ਉਹ ਭਲਾਈਆਂ, ਨੇਕੀਆਂ ਦਾ ਹੁਕਮ ਦਿੰਦੇ ਹਨ ਅਤੇ ਬੁਰਾਈਆਂ ਤੋਂ ਰੋਕਦੇ ਹਨ, ਨਮਾਜ਼ਾਂ ਦੀ ਪਾਬੰਦੀ ਕਰਦੇ ਹਨ, ਜ਼ਕਾਤ ਅਦਾ ਕਰਦੇ ਹਨ, ਅੱਲਾਹ ਅਤੇ ਉਸ ਦੇ ਰਸੂਲ ਮੁਹੰਮਦ (ਸ:) ਦੀਆਂ ਗੱਲਾਂ ਨੂੰ ਮੰਨਦੇ ਹਨ। ਇਹ ਉਹ ਲੋਕ ਹਨ ਜਿਨ੍ਹਾਂ 'ਤੇ ਅੱਲਾਹ ਬਹੁਤ ਛੇਤੀ ਰਹਿਮ ਕਰੇਗਾ। ਬੇਸ਼ੱਕ ਅੱਲਾਹ ਜ਼ੋਰਾਵਰ ਅਤੇ ਹਿਕਮਤ ਵਾਲਾ ਹੈ।

وعد الله المؤمنين والمؤمنت جنت تجري من تحتها الأنهر خلدين فيها ومسكن طيبة في جنت عدن ورضوان من الله أكبر ذلك هو الفوز العظيم ﴿٧٢﴾

72 ਇਹਨਾਂ ਈਮਾਨ ਵਾਲੇ ਮਰਦਾਂ ਤੇ ਔਰਤਾਂ ਨਾਲ ਅੱਲਾਹ ਨੇ ਉਹਨਾਂ ਬਾਗ਼ਾਂ ਦਾ ਵਾਅਦਾ ਕੀਤਾ ਹੈ ਜਿਨ੍ਹਾਂ ਦੇ ਹੇਠ ਨਹਿਰਾਂ ਵਗਦੀਆਂ ਹੋਣਗੀਆਂ, ਉਹ ਉੱਥੇ ਹੀ ਸਦਾ ਰਹਿਣਗੇ। ਇਹਨਾਂ (ਸਦਾ ਬਹਾਰ ਬਾਗ਼ਾਂ) ਵਿਚ ਪਵਿੱਤਰ ਮਹਿਲ ਹਨ, ਪਰ ਅੱਲਾਹ ਦੀ ਰਜ਼ਾ ਹੀ ਸਭ ਤੋਂ ਵੱਡੀ ਤੇ ਅਹਿਮ ਚੀਜ਼ ਹੈ ਇਹੋ ਜ਼ਬਰਦਸਤ ਕਾਮਯਾਬੀ ਹੈ।

يأيها النبي جهد الكفار والمنفقين واغلظ عليهم ومأوىهم جهنم وبئس المصير ﴿٧٣﴾

73. ਹੇ ਨਬੀ! ਕਾਫ਼ਿਰਾਂ ਤੇ ਮੁਨਾਫ਼ਿਕਾਂ ਨਾਲ ਜਿਹਾਦ (ਜੰਗ) ਕਰੋ, ਇਹਨਾਂ ਨਾਲ ਕਰੜਾਈ ਵਾਲਾ ਵਰਤਾਓ ਕਰੋ। ਇਹਨਾਂ ਦੀ ਅਸਲੀ ਥਾਂ ਨਰਕ ਹੈ, ਜਿਹੜੀ ਸਭ ਤੋਂ ਵੱਧ ਭੈੜੀ ਥਾਂ ਹੈ।

يَحْلِفُونَ بِاللَّهِ مَا قَالُوا وَلَقَدْ قَالُوا كَلِمَةَ
الْكُفْرِ وَكَفَرُوا بَعْدَ إِسْلَامِهِمْ وَهَمُّوا بِمَا
لَمْ يَنَالُوا ۚ وَمَا نَقَمُوا إِلَّا أَنْ أَغْنَاهُمُ اللَّهُ
وَرَسُولُهُ مِنْ فَضْلِهِ ۚ فَإِنْ يَتُوبُوا يَكُ
خَيْرًا لَهُمْ ۖ وَإِنْ يَتَوَلَّوْا يُعَذِّبْهُمُ اللَّهُ
عَذَابًا أَلِيمًا فِي الدُّنْيَا وَالْآخِرَةِ ۚ وَمَا
لَهُمْ فِي الْأَرْضِ مِنْ وَلِيٍّ وَلَا نَصِيرٍ ٧٤

74 ਇਹ ਅੱਲਾਹ ਦੀਆਂ ਸੌਹਾਂ ਖਾ-ਖਾ ਕੇ ਆਖਦੇ ਹਨ ਕਿ ਉਹਨਾਂ ਨੇ ਕੋਈ ਗੱਲ ਨਹੀਂ ਕਹੀ, ਹਾਲਾਂ ਕਿ ਉਹਨਾਂ ਨੇ ਜ਼ਰੂਰ ਹੀ ਕੁਫ਼ਰ ਵਾਲੇ ਭੈੜੇ ਸ਼ਬਦ ਆਖੇ ਹਨ। ਅਤੇ ਇਹ ਲੋਕ ਇਸਲਾਮ ਕਬੂਲ ਕਰਨ ਤੋਂ ਮਗਰੋਂ ਕਾਫ਼ਿਰ ਹੋ ਗਏ ਅਤੇ ਉਹਨਾਂ ਨੇ ਉਹ ਕੁੱਝ ਕਰਨ ਦਾ ਇਰਾਦਾ ਵੀ ਕੀਤਾ ਜਿਸ ਨੂੰ ਉਹ ਕਰ ਨਹੀਂ ਸਕੇ। ਉਹਨਾਂ ਦਾ ਸਾਰਾ ਕਰੋਪ ਇਸ ਗੱਲ ਦਾ ਸੀ ਕਿ ਅੱਲਾਹ ਨੇ ਅਤੇ ਉਸ ਦੇ ਰਸੂਲ ਨੇ ਆਪਣੇ ਫ਼ਜ਼ਲਾਂ ਨਾਲ ਉਹਨਾਂ (ਮੁਸਲਮਾਨਾਂ) ਨੂੰ ਰੱਜਾ ਕਿਉਂ ਦਿੱਤਾ? ਜੇਕਰ ਇਹ ਹੁਣ ਵੀ ਤੌਬਾ ਕਰ ਲੈਣ ਤਾਂ ਇਹਨਾਂ ਲਈ ਵਧੀਆ ਗੱਲ ਹੈ, ਜੇ ਇਹ ਮੂੰਹ ਮੋੜਣਗੇ ਤਾਂ ਅੱਲਾਹ ਇਹਨਾਂ ਨੂੰ ਸੰਸਾਰ ਵਿਚ ਵੀ ਤੇ ਆਖ਼ਿਰਤ ਵਿਚ ਵੀ ਦੁਖ ਭਰਿਆ ਅਜ਼ਾਬ ਦੇਵੇਗਾ ਅਤੇ ਧਰਤੀ 'ਤੇ ਉਹਨਾਂ ਦਾ ਕੋਈ ਵੀ ਹਮਾਇਤੀ ਤੇ ਸਹਾਈ ਨਾ ਹੋਵੇਗਾ।

وَمِنْهُمْ مَنْ عَاهَدَ اللَّهَ لَئِنْ آتَانَا مِنْ فَضْلِهِ
لَنَصَّدَّقَنَّ وَلَنَكُونَنَّ مِنَ الصَّالِحِينَ ٧٥

75 ਇਹਨਾਂ ਵਿਚ ਉਹ ਵੀ ਹਨ ਜਿਨ੍ਹਾਂ ਨੇ ਅੱਲਾਹ ਨਾਲ ਬਚਨ ਕੀਤੇ ਸੀ ਕਿ ਜੇ ਅੱਲਾਹ ਸਾਨੂੰ ਆਪਣੇ ਫ਼ਜ਼ਲਾਂ ਤੇ ਮਿਹਰਾਂ ਨਾਲ ਨਿਵਾਜੇ ਤਾਂ ਅਸੀਂ ਜ਼ਰੂਰ ਹੀ ਸਦਕਾ ਖ਼ੈਰਾਤ ਦੇਵਾਂਗੇ ਅਤੇ ਅਸੀਂ ਵੀ ਨੇਕ ਲੋਕਾਂ ਵਿੱਚੋਂ ਹੋਵਾਂਗੇ।

فَلَمَّا آتَاهُمْ مِنْ فَضْلِهِ بَخِلُوا بِهِ وَتَوَلَّوْا
وَهُمْ مُعْرِضُونَ ٧٦

76 ਪਰ ਜਦੋਂ ਅੱਲਾਹ ਨੇ ਉਹਨਾਂ ਨੂੰ ਆਪਣੀਆਂ ਮਿਹਰਾਂ ਨਾਲ ਨਿਵਾਜਿਆ ਤਾਂ ਇਹ ਕੰਜੂਸੀ ਕਰਨ ਲਗ ਪਏ। ਉਹਨਾਂ ਨੇ ਹੱਕ ਤੋਂ ਮੂੰਹ ਮੋੜ ਲਿਆ ਅਤੇ ਆਪਣੇ ਵਚਨਾਂ ਤੋਂ ਫਿਰ ਗਏ।

فَأَعْقَبَهُمْ نِفَاقًا فِي قُلُوبِهِمْ إِلَىٰ يَوْمِ يَلْقَوْنَهُ
بِمَا أَخْلَفُوا اللَّهَ مَا وَعَدُوهُ وَبِمَا كَانُوا
يَكْذِبُونَ ٧٧

77 ਸੋ ਇਹਨਾਂ (ਕਰਤੂਤਾਂ) ਵਜੋਂ ਅੱਲਾਹ ਨੇ ਉਹਨਾਂ ਦੇ ਦਿਲਾਂ ਵਿਚ ਨਿਫ਼ਾਕ (ਦੋਗਲਾਪਣ) ਪਾ ਕੇ ਉਦੋਂ ਤਕ ਸਜ਼ਾ ਦਿੱਤੀ ਜਦੋਂ ਤਕ ਅੱਲਾਹ ਨਾਲ ਉਹਨਾਂ ਦੀ ਮਿਲਣੀ ਨਾ ਹੋ ਜਾਵੇ। ਕਿਉਂ ਜੋ ਉਹਨਾਂ ਨੇ ਅੱਲਾਹ ਨਾਲ ਕੀਤੇ ਵਚਨਾਂ ਦੇ ਉਲਟ ਕੀਤਾ ਹੈ ਅਤੇ ਉਹ ਝੂਠ ਵੀ ਬੋਲਦੇ ਸਨ।

78. ਕੀ ਉਹ ਨਹੀਂ ਜਾਣਦੇ ਕਿ ਅੱਲਾਹ ਉਹਨਾਂ ਦੇ ਮਨ ਦੀਆਂ ਲੁਕੀਆਂ ਹੋਈਆਂ ਗੱਲਾਂ ਅਤੇ ਉਹਨਾਂ ਦੀਆਂ ਕਾਨਾ-ਫੂਸੀਆਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ? ਅੱਲਾਹ ਸਾਰੀਆਂ ਹੀ ਗੁਪਤ ਗੱਲਾਂ ਨੂੰ ਜਾਣਦਾ ਹੈ।

أَلَمْ يَعْلَمُوٓا أَنَّ ٱللَّهَ يَعْلَمُ سِرَّهُمْ وَنَجْوَىٰهُمْ
وَأَنَّ ٱللَّهَ عَلَّٰمُ ٱلْغُيُوبِ ٧٨

79. ਜਿਹੜੇ ਲੋਕ ਉਹਨਾਂ ਮੁਸਲਮਾਨਾਂ ਨੂੰ ਮਿਹਣੇ ਦਿੰਦੇ ਹਨ ਜਿਹੜੇ ਦਿਲ ਖੋਲ੍ਹ ਕੇ ਖ਼ੈਰਾਤ ਕਰਦੇ ਹਨ ਅਤੇ ਉਹ (ਗ਼ਰੀਬ) ਲੋਕ ਜਿਨ੍ਹਾਂ ਕੋਲ ਮਿਹਨਤ ਮਜ਼ਦੂਰੀ ਤੋਂ ਛੁੱਟ ਕੁੱਝ ਨਹੀਂ (ਥੋੜ੍ਹੀ ਖ਼ੈਰਾਤ ਦੇਣ ਕਾਰਨ ਉਹਨਾਂ ਦਾ ਮਖੌਲ ਉਡਾਉਂਦੇ ਹਨ ਤਾਂ (ਕਿਆਮਤ ਦਿਹਾੜੇ) ਅੱਲਾਹ ਵੀ ਉਹਨਾਂ ਦਾ ਮਖੌਲ ਉਡਾਵੇਗਾ ਅਤੇ ਉਹਨਾਂ ਲਈ ਦਰਦਨਾਕ ਅਜ਼ਾਬ ਹੈ।

ٱلَّذِينَ يَلْمِزُونَ ٱلْمُطَّوِّعِينَ مِنَ ٱلْمُؤْمِنِينَ
فِى ٱلصَّدَقَٰتِ وَٱلَّذِينَ لَا يَجِدُونَ إِلَّا جُهْدَهُمْ
فَيَسْخَرُونَ مِنْهُمْ سَخِرَ ٱللَّهُ مِنْهُمْ وَلَهُمْ
عَذَابٌ أَلِيمٌ ٧٩

80. (ਹੇ ਨਬੀ!) ਤੁਸੀਂ ਇਹਨਾਂ (ਮੁਨਾਫ਼ਿਕਾਂ) ਲਈ ਭਾਵੇਂ ਮੁਆਫ਼ੀ ਦੀ ਦੁਆ ਕਰੋ ਜਾਂ ਨਾ ਕਰੋ (ਇਕ ਬਰਾਬਰ ਹੈ) ਜੇ ਤੁਸੀਂ ਸੱਤਰ ਵਾਰ ਵੀ ਇਹਨਾਂ ਲਈ ਮੁਆਫ਼ੀ ਦੀ ਬੇਨਤੀ ਕਰੋ ਤਾਂ ਵੀ ਅੱਲਾਹ ਇਹਨਾਂ ਨੂੰ ਮੁਆਫ਼ ਨਹੀਂ ਕਰੇਗਾ। ਇਹ ਇਸ ਲਈ ਕਿਉਂ ਜੋ ਇਹਨਾਂ ਨੇ ਅੱਲਾਹ ਤੇ ਉਸ ਦੇ ਰਸੂਲ ਨਾਲ ਕੁਫ਼ਰ ਕੀਤਾ ਹੈ। ਅਜਿਹੇ ਝੂਠੇ ਲੋਕਾਂ ਨੂੰ ਅੱਲਾਹ ਹਿਦਾਇਤ ਨਹੀਂ ਦਿੰਦਾ।

ٱسْتَغْفِرْ لَهُمْ أَوْ لَا تَسْتَغْفِرْ لَهُمْ إِن تَسْتَغْفِرْ لَهُمْ
سَبْعِينَ مَرَّةً فَلَن يَغْفِرَ ٱللَّهُ لَهُمْ ذَٰلِكَ بِأَنَّهُمْ
كَفَرُوا بِٱللَّهِ وَرَسُولِهِۦ وَٱللَّهُ لَا يَهْدِى ٱلْقَوْمَ
ٱلْفَٰسِقِينَ ٨٠

81. ਜਿਹੜੇ ਲੋਕਾਂ ਨੂੰ ਪਿੱਛੇ ਰਹਿ ਜਾਣ ਦੀ ਛੂਟ ਦੇ ਦਿੱਤੀ ਗਈ ਸੀ ਉਹ ਅੱਲਾਹ ਦੇ ਰਸੂਲ (ਸ:) ਦੇ (ਜੰਗ ਵਿਚ) ਜਾਣ ਮਗਰੋਂ ਆਪਣੇ ਬੈਠੇ ਰਹਿਣ 'ਤੇ ਹੀ ਖ਼ੁਸ਼ ਹਨ, ਉਹਨਾਂ ਨੇ ਅੱਲਾਹ ਦੀ ਰਾਹ ਵਿਚ ਆਪਣੀਆਂ ਜਾਨਾਂ ਤੇ ਮਾਲਾਂ ਨਾਲ ਜਿਹਾਦ ਕਰਨਾ ਪਸੰਦ ਨਹੀਂ ਕੀਤਾ ਅਤੇ ਉਹਨਾਂ ਨੇ (ਦੂਜਿਆਂ ਨੂੰ ਵੀ) ਕਿਹਾ ਕਿ ਅਜਿਹੀ ਸਖ਼ਤ ਗਰਮੀ ਵਿਚ (ਜੰਗ ਲਈ) ਨਾ ਨਿਕਲੋ। (ਹੇ ਨਬੀ!) ਤੁਸੀਂ ਇਹਨਾਂ ਨੂੰ ਆਖ ਦਿਓ ਕਿ ਨਰਕ ਦੀ ਅੱਗ ਤਾਂ (ਇਸ ਗਰਮੀ ਤੋਂ ਕਿਤੇ ਵੱਧ ਗਰਮ ਹੈ। ਕਾਸ਼ ਜੇ ਉਹ ਸਮਝਦਾਰ ਹੁੰਦੇ।

فَرِحَ ٱلْمُخَلَّفُونَ بِمَقْعَدِهِمْ خِلَٰفَ رَسُولِ ٱللَّهِ
وَكَرِهُوٓا أَن يُجَٰهِدُوا بِأَمْوَٰلِهِمْ وَأَنفُسِهِمْ
فِى سَبِيلِ ٱللَّهِ وَقَالُوا لَا تَنفِرُوا فِى ٱلْحَرِّ قُلْ
نَارُ جَهَنَّمَ أَشَدُّ حَرًّا لَّوْ كَانُوا يَفْقَهُونَ ٨١

82. ਇਹਨਾਂ ਨੂੰ ਤਾਂ ਚਾਹੀਦਾ ਹੈ ਕਿ ਇਹ ਬਹੁਤ ਹੀ ਘੱਟ ਹੱਸਣ ਅਤੇ ਵੱਧ ਰੋਣ ਕਿਉਂ ਜੋ ਉਹਨਾਂ

فَلْيَضْحَكُوا قَلِيلًا وَلْيَبْكُوا كَثِيرًا جَزَآءً بِمَا
كَانُوا يَكْسِبُونَ ٨٢

ਨੂੰ ਉਹਨਾਂ ਦੀਆਂ ਕਰਤੂਤਾਂ ਦਾ ਬਦਲਾ ਮਿਲਣਾ ਹੈ, ਜੋ ਉਹ ਕਮਾਉਂਦੇ ਸਨ।

83. (ਹੇ ਨਬੀ!) ਜੇ ਅੱਲਾਹ ਇਹਨਾਂ (ਮੁਨਾਫ਼ਿਕਾਂ) ਵਿਚਾਲੇ ਤੁਹਾਨੂੰ ਫੇਰ ਮੁੜ ਲੈ ਆਵੇ ਅਤੇ ਜੇ ਭਵਿੱਖ ਵਿਚ ਉਹਨਾਂ 'ਚੋਂ ਕੋਈ ਟੋਲੀ ਜਿਹਾਦ ਵਿਚ ਜਾਣ ਲਈ ਤੁਹਾਥੋਂ ਆਗਿਆ ਮੰਗੇ ਤਾਂ ਤੁਸੀਂ ਕਹਿ ਦਿਓ ਕਿ ਤੁਸੀਂ ਮੇਰੇ ਸੰਗ (ਜਿਹਾਦ ਲਈ) ਕਦੇ ਵੀ ਨਹੀਂ ਚੱਲ ਸਕਦੇ ਅਤੇ ਨਾ ਹੀ ਮੇਰੇ ਨਾਲ ਰਲ ਕੇ ਦੁਸ਼ਮਨਾਂ ਨਾਲ ਲੜ ਸਕਦੇ ਹੋ, ਤੁਸੀਂ ਤਾਂ ਪਹਿਲਾਂ ਬੈਠੇ ਰਹਿਣ ਨੂੰ ਪਸੰਦ ਕੀਤਾ ਹੈ ਸੋ ਹੁਣ ਵੀ ਤੁਸੀਂ ਪਿੱਛੇ ਰਹਿਣ ਵਾਲਿਆਂ ਨਾਲ ਹੀ ਬੈਠੇ ਰਹੋ।

فَإِن رَّجَعَكَ ٱللَّهُ إِلَىٰ طَآئِفَةٍ مِّنْهُمْ فَٱسْتَـْٔذَنُوكَ
لِلْخُرُوجِ فَقُل لَّن تَخْرُجُوا۟ مَعِىَ أَبَدًا وَلَن
تُقَـٰتِلُوا۟ مَعِىَ عَدُوًّا ۖ إِنَّكُمْ رَضِيتُم بِٱلْقُعُودِ
أَوَّلَ مَرَّةٍ فَٱقْعُدُوا۟ مَعَ ٱلْخَـٰلِفِينَ ﴿٨٣﴾

84. (ਹੇ ਨਬੀ!) ਜੇ ਇਹਨਾਂ (ਮੁਨਾਫ਼ਿਕਾਂ) ਵਿੱਚੋਂ ਕੋਈ ਮਰ ਜਾਵੇ ਤਾਂ ਤੁਸੀਂ ਉਹਨਾਂ ਲਈ ਕਦੇ ਵੀ ਜਨਾਜ਼ੇ ਦੀ ਨਮਾਜ਼ ਨਹੀਂ ਪੜ੍ਹਨੀ ਅਤੇ ਨਾ ਹੀ ਉਸ ਦੀ ਕਬਰ 'ਤੇ (ਦੁਆ ਲਈ) ਖੜ੍ਹਾ ਹੋਣਾ ਹੈ। ਕਿਉਂ ਜੋ ਇਹ ਅੱਲਾਹ ਅਤੇ ਉਸ ਦੇ ਰਸੂਲ ਦੇ ਇਨਕਾਰੀ ਹਨ ਅਤੇ ਮਰਨ ਵੇਲੇ ਵੀ ਉਹ ਝੂਠੇ ਸੀ।

وَلَا تُصَلِّ عَلَىٰٓ أَحَدٍ مِّنْهُم مَّاتَ أَبَدًا وَلَا تَقُمْ
عَلَىٰ قَبْرِهِۦٓ ۖ إِنَّهُمْ كَفَرُوا۟ بِٱللَّهِ وَرَسُولِهِۦ وَمَاتُوا۟
وَهُمْ فَـٰسِقُونَ ﴿٨٤﴾

85. (ਹੇ ਨਬੀ!) ਤੁਹਾਨੂੰ ਇਹਨਾਂ ਦੀ ਧਨ ਦੌਲਤ ਤੇ ਔਲਾਦ ਕਿਸੇ ਧੋਖੇ ਵਿਚ ਨਾ ਪਾ ਦੇਵੇ। ਅੱਲਾਹ ਦੀ ਇੱਛਾ ਇਹੋ ਹੈ ਕਿ ਇਹਨਾਂ (ਕਾਫ਼ਿਰਾਂ) ਨੂੰ ਇਹਨਾਂ ਦੀਆਂ ਚੀਜ਼ਾਂ (ਮਾਲ ਤੇ ਔਲਾਦ) ਰਾਹੀਂ (ਇਸੇ ਸੰਸਾਰ ਵਿਚ) ਸਜ਼ਾ ਦਿੱਤੀ ਜਾਵੇ ਅਤੇ ਉਹਨਾਂ ਦੇ ਪ੍ਰਾਣ ਕੁਫ਼ਰ ਦੀ ਹਾਲਤ ਵਿਚ ਹੀ ਨਿਕਲਣ।

وَلَا تُعْجِبْكَ أَمْوَٰلُهُمْ وَأَوْلَـٰدُهُمْ ۚ إِنَّمَا
يُرِيدُ ٱللَّهُ أَن يُعَذِّبَهُم بِهَا فِى ٱلدُّنْيَا
وَتَزْهَقَ أَنفُسُهُمْ وَهُمْ كَـٰفِرُونَ ﴿٨٥﴾

86. ਜਦੋਂ ਵੀ ਕੋਈ ਸੂਰਤ ਅੱਲਾਹ 'ਤੇ ਈਮਾਨ ਲਿਆਉਣ ਦੀ ਅਤੇ ਉਸ ਦੇ ਰਸੂਲ ਨਾਲ ਮਿਲ ਕੇ ਜਿਹਾਦ ਕਰਨ ਦੀ ਉੱਤਰਦੀ ਹੈ ਤਾਂ ਇਹਨਾਂ ਵਿੱਚੋਂ ਅਮੀਰ ਲੋਕ ਤੁਹਾਨੂੰ (ਜਿਹਾਦ ਤੋਂ ਛੁਟ ਲੈਣ ਲਈ) ਬੇਨਤੀਆਂ ਕਰਦੇ ਹਨ ਅਤੇ ਕਹਿੰਦੇ ਹਨ ਕਿ ਸਾਨੂੰ ਤਾਂ (ਘਰਾਂ 'ਚ) ਬੈਠਣ ਵਾਲਿਆਂ ਨਾਲ ਹੀ ਰਹਿਣ ਦਿਓ।

وَإِذَآ أُنزِلَتْ سُورَةٌ أَنْ ءَامِنُوا۟ بِٱللَّهِ وَجَـٰهِدُوا۟
مَعَ رَسُولِهِ ٱسْتَـْٔذَنَكَ أُو۟لُوا۟ ٱلطَّوْلِ مِنْهُمْ
وَقَالُوا۟ ذَرْنَا نَكُن مَّعَ ٱلْقَـٰعِدِينَ ﴿٨٦﴾

87. ਇਹਨਾਂ ਲੋਕਾਂ ਨੇ ਪਿੱਛੇ ਰਹਿਣ ਵਾਲੀਆਂ ਜ਼ਨਾਨੀਆਂ ਨਾਲ ਰਹਿਣਾ ਪਸੰਦ ਕੀਤਾ ਹੈ ਅਤੇ ਅੱਲਾਹ ਨੇ ਉਹਨਾਂ ਦੇ ਦਿਲਾਂ 'ਤੇ ਮੋਹਰ ਲਾ ਛੱਡੀ ਹੈ, ਪਰ ਉਹ ਇਹ ਸਮਝਦੇ ਹੀ ਨਹੀਂ।

رَضُوا بِأَن يَكُونُوا مَعَ الْخَوَالِفِ وَطُبِعَ عَلَىٰ قُلُوبِهِمْ فَهُمْ لَا يَفْقَهُونَ ﴿٨٧﴾

88. ਪਰੰਤੂ ਰਸੂਲ ਅਤੇ ਉਹਨਾਂ ਦੇ ਈਮਾਨ ਵਾਲੇ ਸਾਥੀਆਂ ਨੇ ਆਪਣੀਆਂ ਜਾਨਾਂ ਤੇ ਧਨ ਪਦਾਰਥਾਂ ਨਾਲ ਜਿਹਾਦ ਕੀਤਾ ਹੈ, ਸਾਰੀਆਂ ਭਲਾਈਆਂ ਇਹਨਾਂ ਲੋਕਾਂ ਲਈ ਹਨ, ਇਹੋ ਸਫ਼ਲਤਾ ਪ੍ਰਾਪਤ ਕਰਨ ਵਾਲੇ ਹਨ।

لَٰكِنِ الرَّسُولُ وَالَّذِينَ آمَنُوا مَعَهُ جَاهَدُوا بِأَمْوَالِهِمْ وَأَنفُسِهِمْ ۚ وَأُولَٰئِكَ لَهُمُ الْخَيْرَاتُ ۖ وَأُولَٰئِكَ هُمُ الْمُفْلِحُونَ ﴿٨٨﴾

89. ਇਹਨਾਂ ਲਈ ਅੱਲਾਹ ਨੇ ਉਹਨਾਂ ਬਾਗ਼ਾਂ ਨੂੰ ਤਿਆਰ ਕੀਤਾ ਹੈ ਜਿਨ੍ਹਾਂ ਹੇਠ ਨਹਿਰਾਂ ਵਗਦੀਆਂ ਹਨ। ਉੱਥੇ ਹੀ ਉਹ ਸਦਾ ਰਹਿਣਗੇ, ਇਹੋ ਸਭ ਤੋਂ ਵੱਡੀ ਕਾਮਯਾਬੀ ਹੈ।

أَعَدَّ اللَّهُ لَهُمْ جَنَّاتٍ تَجْرِي مِن تَحْتِهَا الْأَنْهَارُ خَالِدِينَ فِيهَا ۚ ذَٰلِكَ الْفَوْزُ الْعَظِيمُ ﴿٨٩﴾

90. ਬੱਦੂਆਂ ਵਿੱਚੋਂ ਬਥੇਰਿਆਂ ਨੇ ਬਹਾਨੇ ਘੜ੍ਹੇ ਕਿ ਉਹਨਾਂ (ਜੰਗ ਤੋਂ) ਨੂੰ ਛੁੱਟੀ ਦਿੱਤੀ ਜਾਵੇ ਤਾਂ ਜੋ ਉਹ ਬੈਠੇ ਰਹਿਣ। ਇਹ ਉਹ ਲੋਕ ਹਨ ਜਿਨ੍ਹਾਂ ਨੇ ਅੱਲਾਹ ਅਤੇ ਉਸ ਦੇ ਰਸੂਲ ਨੂੰ ਝੂਠ ਬੋਲਿਆ ਸੀ। ਇਹ ਜਿੰਨੇ ਵੀ ਕਾਫ਼ਿਰ ਹਨ ਇਹਨਾਂ ਸਭ ਨੂੰ ਦੁਖਦਾਈ ਮਾਰ ਪਵੇਗੀ।

وَجَاءَ الْمُعَذِّرُونَ مِنَ الْأَعْرَابِ لِيُؤْذَنَ لَهُمْ وَقَعَدَ الَّذِينَ كَذَبُوا اللَّهَ وَرَسُولَهُ ۚ سَيُصِيبُ الَّذِينَ كَفَرُوا مِنْهُمْ عَذَابٌ أَلِيمٌ ﴿٩٠﴾

91. ਕਮਜ਼ੋਰਾਂ, ਰੋਗੀਆਂ ਅਤੇ ਬੁੱਢਿਆਂ ਲਈ ਅਤੇ ਉਹਨਾਂ ਲਈ ਜਿਨ੍ਹਾਂ ਦੇ ਪੱਲੇ ਖ਼ਰਚ ਕਰਨ ਨੂੰ ਕੁੱਝ ਵੀ ਨਹੀਂ, ਉਹਨਾਂ ਲਈ ਇਸ ਹਾਲਤ ਵਿਚ ਪਿੱਛੇ ਰਹਿਣ ਵਿਚ ਕੁਝ ਵੀ ਹਰਜ ਨਹੀਂ, ਜੇ ਉਹ ਅੱਲਾਹ ਤੇ ਉਸ ਦੇ ਰਸੂਲ ਦੇ ਸ਼ੁਭ ਚਿੰਤਕ ਬਣ ਕੇ ਰਹਿਣ,[1] ਅਜਿਹੇ

لَّيْسَ عَلَى الضُّعَفَاءِ وَلَا عَلَى الْمَرْضَىٰ وَلَا عَلَى الَّذِينَ لَا يَجِدُونَ مَا يُنفِقُونَ حَرَجٌ إِذَا نَصَحُوا لِلَّهِ وَرَسُولِهِ ۚ مَا عَلَى الْمُحْسِنِينَ مِن سَبِيلٍ ۚ وَاللَّهُ غَفُورٌ رَّحِيمٌ ﴿٩١﴾

---

[1] ਨਬੀ (ਸ:) ਨੇ ਫ਼ਰਮਾਇਆ ਕਿ ਦੀਨ ਵਿਚ ਖ਼ੈਰ ਖ਼ਾਹੀ ਇਖ਼ਲਾਸ ਤੇ ਭਲਾਈ ਦਾ ਨਾਂ ਹੈ ਅਤੇ ਇਹ ਅੱਲਾਹ ਦੇ ਲਈ ਅਤੇ ਉਸ ਦੇ ਰਸੂਲ ਲਈ ਅਤੇ ਸਭੋ ਦੇ ਇਮਾਮਾਂ ਲਈ ਅਤੇ ਆਮ ਲੋਕਾਂ ਲਈ ਹੈ। (ਸਹੀ ਮੁਸਲਿਮ, ਹਦੀਸ: 55)

• ਅੱਲਾਹ ਦੇ ਲਈ ਭਲਾਈ ਦੀ ਚਾਹਤ ਰੱਖਣਾ ਇਹ ਹੈ ਕਿ ਉਸ ਦੇ ਅੱਗੇ ਝੁਕਿਆ ਜਾਵੇ ਉਸ ਦੇ ਹੁਕਮਾਂ ਦੀ ਪਾਲਣਾ ਕੀਤੀ ਜਾਵੇ, ਉਸ ਦੇ ਕਲਮੇ ਨੂੰ ਚੜ੍ਹਦੀ ਕਲਾ ਵਿਚ ਰੱਖਣ ਲਈ ਜਿਹਾਦ ਕੀਤਾ ਜਾਵੇ। ਉਸ ਨਾਲ ਮੁਹੱਬਤ ਕੀਤੀ ਜਾਵੇ ਉਸੇ ਤੋਂ ਡਰਿਆ ਜਾਵੇ। ਅੱਲਾਹ ਦੇ ਰਸੂਲ ਨਾਲ ਭਲਾਈ ਇਹ ਹੈ ਕਿ ਉਸ ਦੀ ਮਦਦ

ਨੇਕ ਲੋਕਾਂ ਲਈ ਜਿਹਾਦ ਵਿਚ ਨਾ ਜਾਣ 'ਤੇ ਕੋਈ ਦੋਸ਼ ਨਹੀਂ। ਅੱਲਾਹ ਵੱਡਾ ਬਖ਼ਸ਼ਣਹਾਰ ਤੇ ਮਿਹਰਾਂ ਵਾਲਾ ਹੈ।

وَّلَا عَلَى الَّذِيْنَ اِذَا مَآ اَتَوْكَ لِتَحْمِلَهُمْ قُلْتَ لَآ اَجِدُ مَآ اَحْمِلُكُمْ عَلَيْهِ ۠ تَوَلَّوْا وَّاَعْيُنُهُمْ تَفِيْضُ مِنَ الدَّمْعِ حَزَنًا اَلَّا يَجِدُوْا مَا يُنْفِقُوْنَ ۹۲

92 ਹਾਂ ਉਹਨਾਂ ਲਈ ਵੀ (ਨਾ ਜਾਣਦਾ) ਕੋਈ ਦੋਸ਼ ਨਹੀਂ ਜਿਹੜੇ ਤੁਹਾਡੇ ਵੱਲ ਇਸ ਲਈ ਆਏ ਸੀ ਕਿ ਤੁਸੀਂ ਉਹਨਾਂ ਲਈ ਕਿਸੇ ਸਵਾਰੀ ਦਾ ਪ੍ਰਬੰਧ ਕਰ ਦਿਓ ਤਾਂ ਤੁਸੀਂ ਆਖਦੇ ਹੋ ਕਿ ਮੈਂ ਤੁਹਾਡੇ ਲਈ ਕਿਸੇ ਸਵਾਰੀ ਦਾ ਪ੍ਰਬੰਧ ਨਹੀਂ ਕਰ ਸਕਦਾ ਤਾਂ ਉਹ ਅਫ਼ਸੋਸ ਕਰਦੇ ਹੋਏ ਆਪਣੀਆਂ ਅੱਖਾਂ ਵਿਚ ਹੰਝੂ ਲੈਕੇ ਮੁੜ ਗਏ ਕਿ ਉਹਨਾਂ ਕੋਲ (ਅੱਲਾਹ ਦੀ ਰਾਹ ਵਿਚ) ਖ਼ਰਚ ਕਰਨ ਲਈ ਕੁੱਝ ਵੀ ਨਹੀਂ।

اِنَّمَا السَّبِيْلُ عَلَى الَّذِيْنَ يَسْتَاْذِنُوْنَكَ وَهُمْ اَغْنِيَاۗءُ ۚ رَضُوْا بِاَنْ يَّكُوْنُوْا مَعَ الْخَوَالِفِ ۙ وَطَبَعَ اللّٰهُ عَلٰي قُلُوْبِهِمْ فَهُمْ لَا يَعْلَمُوْنَ ۹۳

93 (ਹੇ ਨਬੀ!) ਦੋਸ਼ੀ ਤਾਂ ਉਹ ਲੋਕ ਹਨ ਜਿਹੜੇ ਦੌਲਤਮੰਦ ਹੁੰਦੇ ਹੋਏ ਵੀ ਤੁਹਾਥੋਂ (ਜੰਗ ਵਿਚ ਨਾ ਜਾਣ) ਦੀ ਆਗਿਆ (ਛੁੱਟੀ) ਮੰਗਦੇ ਹਨ ਅਤੇ ਇਹ ਘਰਾਂ ਵਿਚ ਜ਼ਨਾਨੀਆਂ ਨਾਲ ਬੈਠਣਾ ਪਸੰਦ ਕਰਦੇ ਹਨ। ਇਹਨਾਂ ਦੇ ਦਿਲਾਂ 'ਤੇ ਅੱਲਾਹ ਨੇ ਮੋਹਰਾਂ ਲਾ ਛੱਡੀਆਂ ਹਨ ਜਿਸ ਨੂੰ ਉਹ ਜਾਣਦੇ ਵੀ ਨਹੀਂ।

ਕੀਤੀ ਜਾਵੇ ਅਤੇ ਉਸ ਦੀ ਸੁੰਨਤ ਦੀ ਪਾਲਣਾ ਕੀਤੀ ਜਾਵੇ। ਮੁਸਲਮਾਨ ਹਾਕਮਾਂ ਦੀ ਭਲਾਈ ਚਾਹੁਣਾ ਇਹ ਹੈ
ਕਿ ਉਹਨਾਂ ਦੀ ਸਹਾਇਤਾ ਕੀਤੀ ਜਾਵੇ ਕਿ ਉਹ ਮੁਸਲਮਾਨਾਂ ਦੀ ਸਹੀ ਅਗਵਾਈ ਕਰ ਸਕਣ। ਆਮ
ਮੁਸਲਮਾਨਾਂ ਦੀ ਭਲਾਈ ਚਾਹੁਣਾ ਇਹ ਹੈ ਕਿ ਉਹਨਾਂ ਨੂੰ ਨੇਕੀ ਦਾ ਹੁਕਮ ਦਿੱਤਾ ਜਾਵੇ ਅਤੇ ਬੁਰਾਈ ਤੋਂ
ਰੋਕਿਆ ਜਾਵੇ ਅਤੇ ਉਹਨਾਂ ਨਾਲ ਨਰਮਾਈ ਅਤੇ ਮੁਹੱਬਤ ਵਾਲਾ ਵਿਵਹਾਰ ਹੋਵੇ।

ਇਸ ਵਿਚ ਮੁਨਾਫ਼ਿਕਾਂ ਦਾ ਜਿਹਾਦ ਤੋਂ ਬਚਨ ਦੀ ਚਰਚਾ ਕੀਤੀ ਗਈ ਹੈ ਜਿਸ ਤੋਂ ਪਤਾ ਚਲਦਾ ਹੈ ਕਿ ਜਿਹਾਦ
ਵਿਚ ਸਹੀ ਅਰਥਾਂ ਵਿਚ ਉਹੀਓ ਹਿੱਸਾ ਲੈ ਸਕਦਾ ਹੈ ਜਿਸ ਨੂੰ ਦੁਨਿਆ ਦੀ ਚਾਹਤ ਨਾ ਹੋਵੇ। ਹਜ਼ਰਤ ਅਬੂ-
ਹੁਰੈਰਾ ਦਾ ਕਹਿਣਾ ਹੈ ਕਿ ਮੈਨੇ ਨਬੀ (ਸ:) ਨੂੰ ਇਹ ਫ਼ਰਮਾਉਂਦੇ ਸੁਣਿਆ ਕਿ ਇਕ ਨਬੀ ਜਿਹਾਦ ਲਈ ਨਿਕਲੇ
ਤਾਂ ਉਹਨਾਂ ਨੇ ਆਪਣੀ ਕੌਮ ਨੂੰ ਆਖਿਆ ਕੇ ਮੇਰੇ ਨਾਲ ਉਹ ਵਿਅਕਤੀ ਨਾ ਜਾਵੇ ਜਿਸ ਨੇ ਹੁਣੇ ਹੁਣੇ ਕਿਸੇ
ਜ਼ਨਾਨੀ ਨਾਲ ਵਿਆਹ ਕਰਵਾਇਆ ਹੈ ਅਤੇ ਉਹ ਅਜੇ ਤਕ ਆਪਣੀ ਪਤਨੀ ਨਾਲ ਸਰੀਰਕ ਸੰਬੰਧ ਨਹੀਂ
ਬਣਾ ਸਕਿਆ ਅਤੇ ਉਹ ਇਹ ਸੰਬੰਧ ਬਣਾਉਣਾ ਚਾਹੁੰਦਾ ਹੈ। ਨਾ ਹੀ ਉਹ ਵਿਅਕਤੀ ਜਾਵੇ ਜਿਸ ਨੇ ਘਰ
ਬਣਾਇਆ ਹੈ ਪਰ ਅਜੇ ਉਸ ਦੀ ਛੱਤ ਨਹੀਂ ਪਾਈ। ਨਾ ਹੀ ਉਹ ਵਿਅਕਤੀ ਜਾਵੇ ਜਿਸ ਨੇ ਗੱਭਣ ਊਠਨੀਆਂ
ਤੇ ਬਕਰੀਆਂ ਖ਼ਰੀਦੀਆਂ ਹਨ ਅਤੇ ਉਹ ਉਹਨਾਂ ਦੇ ਬੱਚੇ ਜੰਮਣ ਦੀ ਆਸ ਵਿਚ ਹੈ, ਫੇਰ ਉਹ ਜਿਹਾਦ ਵਿਚ ਚਲੇ
ਗਏ। (ਸਹੀ ਬੁਖ਼ਾਰੀ, ਹਦੀਸ: 3124)

يَعْتَذِرُونَ إِلَيْكُمْ إِذَا رَجَعْتُمْ إِلَيْهِمْ ۚ
قُل لَّا تَعْتَذِرُوا لَن نُّؤْمِنَ لَكُمْ قَدْ نَبَّأَنَا اللَّهُ
مِنْ أَخْبَارِكُمْ ۚ وَسَيَرَى اللَّهُ عَمَلَكُمْ وَرَسُولُهُ
ثُمَّ تُرَدُّونَ إِلَىٰ عَالِمِ الْغَيْبِ وَالشَّهَادَةِ فَيُنَبِّئُكُم
بِمَا كُنتُمْ تَعْمَلُونَ ﴿٩٤﴾

94. (ਹੇ ਨਬੀ!) ਜਦੋਂ ਤੁਸੀਂ ਇਹਨਾਂ ਕੋਲ (ਜੰਗ) ਤੋਂ ਮੁੜ ਆਉਗੇ, ਫੇਰ ਇਹ (ਮੁਨਾਫ਼ਿਕ) ਲੋਕ ਤੁਹਾਡੇ ਹਜ਼ੂਰ ਬਹਾਨੇ ਪੇਸ਼ ਕਰਨਗੇ (ਹੇ ਨਬੀ!) ਤੁਸੀਂ ਆਖ ਦਿਓ ਕਿ ਬਹਾਨੇ ਨਾ ਬਣਾਓ, ਅਸੀਂ ਤੁਹਾਡੇ 'ਤੇ ਕਦੇ ਵੀ ਵਿਸ਼ਵਾਸ ਨਹੀਂ ਕਰਾਂਗੇ। ਅੱਲਾਹ ਸਾਨੂੰ ਤੁਹਾਡੇ ਬਾਰੇ ਸਭ ਦਸ ਚੁੱਕਿਆ ਹੈ ਅਤੇ ਅੱਗੇ ਲਈ ਵੀ ਅੱਲਾਹ ਤੇ ਉਸ ਦਾ ਰਸੂਲ ਤੁਹਾਡੀਆਂ ਕਰਤੂਤਾਂ ਵੇਖ ਲੈਣਗੇ, ਤੁਸੀਂ ਉਸੇ ਵੱਲ ਪਰਤੇ ਜਾਓਗੇ ਜਿਹੜਾ ਗੁਪਤ ਅਤੇ ਜ਼ਾਹਿਰ ਹਰ ਚੀਜ਼ ਜਾਣਨ ਵਾਲਾ ਹੈ ਫੇਰ ਉਹ ਤੁਹਾਨੂੰ ਦੱਸ ਦੇਵੇਗਾ ਜੋ ਤੁਸੀਂ (ਸੰਸਾਰ ਵਿਚ) ਕਰਦੇ ਸੀ।

سَيَحْلِفُونَ بِاللَّهِ لَكُمْ إِذَا انقَلَبْتُمْ إِلَيْهِمْ لِتُعْرِضُوا
عَنْهُمْ ۖ فَأَعْرِضُوا عَنْهُمْ ۖ إِنَّهُمْ رِجْسٌ ۖ وَمَأْوَاهُمْ
جَهَنَّمُ جَزَاءً بِمَا كَانُوا يَكْسِبُونَ ﴿٩٥﴾

95. ਜਦੋਂ ਤੁਸੀਂ ਉਹਨਾਂ ਦੇ ਕੋਲ ਮੁੜ ਆਵੋਗੇ, ਫੇਰ ਹੁਣ ਉਹ (ਮੁਨਾਫ਼ਿਕ) ਤੁਹਾਡੇ ਸਾਹਮਣੇ ਅੱਲਾਹ ਦੀਆਂ ਕਸਮਾਂ ਖਾ ਜਾਣਗੇ ਤਾਂ ਜੋ ਤੁਸੀਂ ਉਹਨਾਂ ਨੂੰ ਮੁਆਫ਼ ਕਰ ਦਿਓ, ਸੋ ਤੁਸੀਂ ਉਹਨਾਂ ਤੋਂ ਅਣਦੇਖੀ ਹੀ ਕਰੋ। ਬੇਸ਼ੱਕ ਉਹ ਲੋਕ ਬਹੁਤ ਹੀ ਨਾ ਪਾਕ ਹਨ ਅਤੇ ਉਹਨਾਂ ਦਾ ਟਿਕਾਣਾ ਨਰਕ ਹੈ, ਇਹ ਸਜ਼ਾ ਉਹਨਾਂ ਦੀਆਂ ਕਰਤੂਤਾਂ ਕਾਰਨ ਹੈ, ਜੋ ਉਹ ਕਰਦੇ ਸਨ।

يَحْلِفُونَ لَكُمْ لِتَرْضَوْا عَنْهُمْ ۖ فَإِن تَرْضَوْا عَنْهُمْ
فَإِنَّ اللَّهَ لَا يَرْضَىٰ عَنِ الْقَوْمِ الْفَاسِقِينَ ﴿٩٦﴾

96. ਉਹ ਤੁਹਾਡੇ ਸਾਹਮਣੇ ਇਸ ਲਈ ਕਸਮਾਂ ਖਾਣਗੇ ਤਾਂ ਜੋ ਤੁਸੀਂ ਉਹਨਾਂ ਤੋਂ ਰਾਜ਼ੀ ਹੋ ਜਾਓ। ਜੇ ਤੁਸੀਂ (ਹੇ ਨਬੀ!) ਉਨ੍ਹਾਂ ਤੋਂ ਰਾਜ਼ੀ ਹੋ ਵੀ ਜਾਓ ਤਾਂ ਅੱਲਾਹ ਤਾਂ ਅਜਿਹੇ ਲੋਕਾਂ ਤੋਂ ਰਾਜ਼ੀ ਨਹੀਂ ਹੋਵੇਗਾ ਜਿਹੜੇ ਨਾ-ਫ਼ਰਮਾਨ ਹਨ।

[1] ਵੇਖੋ ਸੂਰਤ ਅਲ-ਤੌਬਾ, ਹਾਸ਼ੀਆ ਆਇਤ 28/9

97. ਦੇਹਾਤੀ ਲੋਕ ਇਨਕਾਰ ਤੇ ਨਿਫ਼ਾਕ (ਦੋਰੰਗੀ) ਵਿਚ ਵਧੇਰੇ ਕਰੜੇ ਹਨ, ਇਹਨਾਂ ਦਾ ਇੰਜ ਹੋਣਾ ਮੁਵਾਫ਼ਿਕ ਹੈ ਕਿਉਂ ਜੋ ਇਹਨਾਂ ਨੂੰ ਉਹਨਾਂ ਹੁਕਮਾਂ ਦਾ ਗਿਆਨ ਹੀ ਨਹੀਂ ਜਿਹੜੇ ਅੱਲਾਹ ਨੇ ਆਪਣੇ ਰਸੂਲ 'ਤੇ ਨਾਜ਼ਿਲ ਕੀਤੇ ਹਨ। ਅੱਲਾਹ ਬਹੁਤ ਹੀ ਗਿਆਨ ਵਾਲਾ ਹੈ ਅਤੇ ਹਿਕਮਤ ਵਾਲਾ (ਸੂਝਵਾਨ) ਹੈ।

الْأَعْرَابُ أَشَدُّ كُفْرًا وَنِفَاقًا وَأَجْدَرُ أَلَّا يَعْلَمُوا
حُدُودَ مَا أَنزَلَ اللَّهُ عَلَىٰ رَسُولِهِ ۗ وَاللَّهُ
عَلِيمٌ حَكِيمٌ ﴿٩٧﴾

98. ਇਹਨਾਂ ਦੇਹਾਤੀਆਂ ਵਿੱਚੋਂ ਕੁੱਝ ਅਜਿਹੇ ਵੀ ਹਨ ਕਿ ਉਹ ਜੋ ਵੀ ਅੱਲਾਹ ਦੀ ਰਾਹ ਵਿਚ ਖ਼ਰਚ ਕਰਦੇ ਹਨ ਉਸ ਨੂੰ ਤਾਵਾਨ (ਜੁਰਮਾਨਾ) ਸਮਝਦੇ ਹਨ ਅਤੇ ਤੁਹਾਡੇ ਮੁਸਲਮਾਨਾਂ ਲਈ ਬੁਰੇ ਸਮੇਂ ਲਈ ਉਡੀਕ ਵਾਣ ਰਹਿਣਦੇ ਹਨ ਜਦ ਕਿ ਬੁਰਾ ਸਮੇਂ ਤਾਂ ਇਹਨਾਂ 'ਤੇ ਹੀ ਆਉਣ ਵਾਲਾ ਹੈ। ਅੱਲਾਹ ਹਰ ਗੱਲ ਸੁਣਨ ਵਾਲਾ ਤੇ ਜਾਣਨ ਵਾਲਾ ਹੈ।

وَمِنَ الْأَعْرَابِ مَن يَتَّخِذُ مَا يُنفِقُ مَغْرَمًا
وَيَتَرَبَّصُ بِكُمُ الدَّوَائِرَ ۚ عَلَيْهِمْ دَائِرَةُ السَّوْءِ ۗ
وَاللَّهُ سَمِيعٌ عَلِيمٌ ﴿٩٨﴾

99. ਕੁੱਝ ਦੇਹਾਤੀ ਅਜਿਹੇ ਵੀ ਹਨ ਜਿਹੜੇ ਅੱਲਾਹ ਅਤੇ ਕਿਆਮਤ ਦਿਹਾੜੇ 'ਤੇ ਵਿਸ਼ਵਾਸ ਰੱਖਦੇ ਹਨ ਅਤੇ ਜੋ ਵੀ ਖ਼ਰਚ ਕਰਦੇ ਹਨ ਉਸ ਨੂੰ ਅੱਲਾਹ ਦੇ ਨੇੜੇ ਹੋਣ ਦਾ ਸਾਧਨ ਸਮਝਦੇ ਹਨ ਅਤੇ ਰਸੂਲ ਦੀਆਂ ਦੁਆਵਾਂ ਦਾ ਸਾਧਨ ਸਮਝਦੇ ਹਨ। ਇਹਨਾਂ ਦਾ (ਅੱਲਾਹ ਦੀ ਰਾਹ ਵਿਚ ਖ਼ਰਚ ਕਰਨਾ ਜ਼ਰੂਰ ਹੀ ਨੇੜਤਾ ਦਾ ਸਾਧਨ ਬਣੇਗਾ ਅਤੇ ਉਹਨਾਂ ਨੂੰ ਅੱਲਾਹ ਜ਼ਰੂਰ ਹੀ ਆਪਣੀ ਰਹਿਮਤ ਵਿਚ ਦਾਖ਼ਲ ਕਰੇਗਾ। ਅੱਲਾਹ ਬਖ਼ਸ਼ਣਹਾਰ ਤੇ ਮਿਹਰਾਂ ਵਾਲਾ ਹੈ।

وَمِنَ الْأَعْرَابِ مَن يُؤْمِنُ بِاللَّهِ وَالْيَوْمِ الْآخِرِ
وَيَتَّخِذُ مَا يُنفِقُ قُرُبَاتٍ عِندَ اللَّهِ وَصَلَوَاتِ
الرَّسُولِ ۚ أَلَا إِنَّهَا قُرْبَةٌ لَّهُمْ ۚ سَيُدْخِلُهُمُ
اللَّهُ فِي رَحْمَتِهِ ۗ إِنَّ اللَّهَ غَفُورٌ رَّحِيمٌ ﴿٩٩﴾

100. (ਇਸਲਾਮ) ਕਬੂਲ ਕਰਨ ਵਿਚ ਪਹਿਲ ਕਰਨ ਵਾਲੇ ਮਹਾਜਰ ਅਤੇ ਅਨਸਾਰ (ਸਹਾਈ) ਅਤੇ ਉਹ ਲੋਕ ਜਿਨ੍ਹਾਂ ਨੇ ਨੇਕ ਦਿਲੀ ਨਾਲ ਉਹਨਾਂ (ਅੱਲਾਹ ਤੇ ਰਸੂਲ) ਦੀ ਪੈਰਵੀ ਕੀਤੀ, ਅੱਲਾਹ ਉਹਨਾਂ ਸਭ ਤੋਂ ਰਾਜ਼ੀ ਹੋਇਆ ਅਤੇ ਉਹ

وَالسَّابِقُونَ الْأَوَّلُونَ مِنَ الْمُهَاجِرِينَ وَالْأَنصَارِ
وَالَّذِينَ اتَّبَعُوهُم بِإِحْسَانٍ رَّضِيَ اللَّهُ عَنْهُمْ
وَرَضُوا عَنْهُ وَأَعَدَّ لَهُمْ جَنَّاتٍ تَجْرِي تَحْتَهَا
الْأَنْهَارُ خَالِدِينَ فِيهَا أَبَدًا ۚ ذَٰلِكَ الْفَوْزُ
الْعَظِيمُ ﴿١٠٠﴾

ਵੀ ਸਾਰੇ ਉਸ (ਅੱਲਾਹ) ਤੋਂ ਰਾਜ਼ੀ ਹੋ ਗਏ। ਅੱਲਾਹ ਨੇ ਉਹਨਾਂ ਲਈ ਉਹ ਬਾਗ਼ ਤਿਆਰ ਕੀਤੇ ਹੋਏ ਹਨ, ਜਿਨ੍ਹਾਂ ਦੇ ਹੇਠ ਨਹਿਰਾਂ ਵਗ ਰਹੀਆਂ ਹਨ। ਉੱਥੇ ਹੀ ਉਹ ਸਦਾ ਰਹਿਣਗੇ, ਇਹੋ ਅਸਲੀ ਕਾਮਯਾਬੀ ਹੈ।

101. ਤੁਹਾਡੇ ਆਲੇ ਦੁਆਲੇ ਜਿਹੜੇ ਦੇਹਾਤੀ (ਬੱਦੂ) ਹਨ ਇਹਨਾਂ ਵਿੱਚੋਂ ਕੁੱਝ ਮੁਨਾਫ਼ਿਕ ਹਨ ਅਤੇ ਕੁੱਝ ਮਦੀਨੇ ਦੇ ਵਸਨੀਕ ਵੀ ਆਪਣੇ ਨਿਫ਼ਾਕ (ਦੋਗਲੇਪਣ) 'ਤੇ ਅੜੇ ਹੋਏ ਹਨ। (ਹੇ ਨਬੀ!) ਤੁਸੀਂ ਉਹਨਾਂ ਨੂੰ ਨਹੀਂ ਜਾਣਦੇ, ਅਸੀਂ ਉਹਨਾਂ ਨੂੰ ਜਾਣਦੇ ਹਾਂ, ਅਸੀਂ ਛੇਤੀ ਹੀ ਉਹਨਾਂ ਨੂੰ ਦੋਹਰੀ ਸਜ਼ਾ ਦਿਆਂਗੇ, ਫੇਰ ਉਹ ਬਹੁਤ ਹੀ ਵੱਡੇ ਅਜ਼ਾਬ ਵੱਲ ਪਰਤਾਏ ਜਾਣਗੇ।

وَمِمَّنْ حَوْلَكُم مِّنَ الْأَعْرَابِ مُنَافِقُونَ ۖ
وَمِنْ أَهْلِ الْمَدِينَةِ ۖ مَرَدُوا عَلَى النِّفَاقِ
لَا تَعْلَمُهُمْ ۖ نَحْنُ نَعْلَمُهُمْ ۚ سَنُعَذِّبُهُم
مَّرَّتَيْنِ ثُمَّ يُرَدُّونَ إِلَىٰ عَذَابٍ عَظِيمٍ ﴿١٠١﴾

102. ਕੁੱਝ ਅਜਿਹੇ ਵੀ ਹਨ ਜਿਹੜੇ ਆਪਣੀਆਂ ਗ਼ਲਤੀਆਂ ਨੂੰ ਸਵੀਕਾਰ ਕਰਦੇ ਹਨ ਉਹਨਾਂ ਨੇ ਰਲੇ ਮਿਲੇ ਕੰਮ ਕੀਤੇ ਸੀ ਕੁੱਝ ਚੰਗੇ ਵੀ ਤੇ ਕੁੱਝ ਮਾੜੇ ਵੀ। ਆਸ ਹੈ ਕਿ ਅੱਲਾਹ ਉਹਨਾਂ ਦੀ ਤੌਬਾ ਕਬੂਲ ਕਰੇਗਾ।[1] ਬੇਸ਼ੱਕ ਅੱਲਾਹ ਬਖ਼ਸ਼ਣਹਾਰ ਅਤੇ ਮਿਹਰਾਂ ਵਾਲਾ ਹੈ।

وَآخَرُونَ اعْتَرَفُوا بِذُنُوبِهِمْ خَلَطُوا عَمَلًا
صَالِحًا وَآخَرَ سَيِّئًا عَسَى اللَّهُ أَن يَتُوبَ
عَلَيْهِمْ ۚ إِنَّ اللَّهَ غَفُورٌ رَّحِيمٌ ﴿١٠٢﴾

---

1 ਇਸ ਹਦੀਸ ਵਿਚ ਇਸ ਆਇਤ ਦੀ ਵਿਆਖਿਆ ਇੰਜ ਕੀਤੀ ਗਈ ਹੈ ਕਿ ਅੱਲਾਹ ਦੇ ਰਸੂਲ ਨੇ ਫ਼ਰਮਾਇਆ ਇਕ ਰਾਤ ਮੇਰੇ ਕੋਲ ਦੋ ਫ਼ਰਿਸ਼ਤੇ ਆਏ ਅਤੇ ਮੈਨੂੰ ਜਗਾ ਕੇ ਅਜਿਹੇ ਸ਼ਹਿਰ ਵੱਲ ਲੈ ਗਏ ਜਿਹੜਾ ਸੋਨੇ ਅਤੇ ਚਾਂਦੀ ਦੀਆਂ ਇੱਟਾਂ ਨਾਲ ਉਸਾਰਿਆ ਹੋਇਆ ਸੀ। ਉੱਥੇ ਸਾਨੂੰ ਅਜਿਹੇ ਲੋਕ ਮਿਲੇ ਜਿਨ੍ਹਾਂ ਦੇ ਅੱਧੇ ਸਰੀਰ ਦਿਸਣ ਵਿਚ ਸੁਹਣੇ ਲਗਦੇ ਸੀ ਅਤੇ ਅੱਧੇ ਕੋਝੇ। ਫ਼ਰਿਸ਼ਤਿਆਂ ਨੇ ਉਹਨਾਂ ਨੂੰ ਕਿਹਾ ਕਿ ਇਸ ਨਹਿਰ ਵਿਚ ਦਾਖ਼ਿਲ ਹੋ ਜਾਓ ਸੋ ਉਹ ਉਸ ਵਿਚ ਦਾਖ਼ਿਲ ਹੋ ਗਏ ਜਦੋਂ ਉਹ ਵਾਪਿਸ ਆਏ ਤਾਂ ਉਹਨਾਂ ਦੀ ਬਦਸੂਰਤੀ ਖ਼ਤਮ ਹੋ ਚੁੱਕੀ ਸੀ ਅਤੇ ਉਹ ਬਹੁਤ ਹੀ ਸੋਹਣੇ ਬਣ ਗਏ ਸੀ। ਫ਼ਰਿਸ਼ਤਿਆਂ ਨੇ ਮੈਨੂੰ ਆਖਿਆ ਕਿ ਇਹ ਬਾਗ਼ੇ ਅਦਨ ਹੈ ਅਤੇ ਇਹੋ ਤੁਹਾਡਾ ਨਿਵਾਸ ਸਥਾਨ ਹੈ। ਫੇਰ ਉਹਨਾਂ ਫ਼ਰਿਸ਼ਤਿਆਂ ਨੇ ਕਿਹਾ ਕਿ ਇਹ ਲੋਕ ਜਿਨ੍ਹਾਂ ਦੇ ਅੱਧੇ ਸਰੀਰ ਸੋਹਣੇ ਸੀ ਅਤੇ ਅੱਧੇ ਕੋਝੇ ਸੀ ਇਹ ਅਜਿਹੇ ਲੋਕ ਸੀ ਜਿਹੜੇ ਚੰਗੇ ਅਤੇ ਮਾੜੇ ਦੋਨਾਂ ਤਰ੍ਹਾਂ ਦੇ ਕੰਮ ਕਰਦੇ ਸੀ ਪਰ ਅੱਲਾਹ ਨੇ ਉਹਨਾਂ ਨੂੰ ਮੁਆਫ਼ ਕਰ ਦਿੱਤਾ। (ਸਹੀ ਬੁਖ਼ਾਰੀ, ਹਦੀਸ 4674)

103. (ਹੇ ਨਬੀ!) ਤੁਸੀਂ ਉਹਨਾਂ ਦੇ ਮਾਲਾਂ ਵਿੱਚੋਂ ਸਦਕਾ ਲਵੋ ਅਤੇ (ਇਸ ਦੁਆਰਾ) ਉਹਨਾਂ ਨੂੰ ਪਵਿੱਤਰ ਕਰੋ ਅਤੇ ਨੇਕੀ ਦੀ ਰਾਹ ਵਿਚ ਉਹਨਾਂ ਨੂੰ ਵਧਾਓ ਅਤੇ ਉਹਨਾਂ ਲਈ ਦੁਆ ਵੀ ਕਰੋ। ਨਿਰਸੰਦੇਹ, ਤੁਹਾਡੀ ਕੀਤੀ ਹੋਈ ਦੁਆ ਉਹਨਾਂ ਲਈ ਮਨ ਦੀ ਸ਼ਾਂਤੀ ਦਾ ਸਾਧਨ ਹੈ। ਅੱਲਾਹ ਚੰਗੀ ਤਰ੍ਹਾਂ ਸੁਣਦਾ ਤੇ ਜਾਣਦਾ ਹੈ।

خُذْ مِنْ أَمْوَالِهِمْ صَدَقَةً تُطَهِّرُهُمْ وَتُزَكِّيهِمْ بِهَا وَصَلِّ عَلَيْهِمْ ۖ إِنَّ صَلَاتَكَ سَكَنٌ لَهُمْ ۗ وَاللَّهُ سَمِيعٌ عَلِيمٌ ﴿١٠٣﴾

104. ਕੀ ਇਹ ਨਹੀਂ ਜਾਣਦੇ ਕਿ ਅੱਲਾਹ ਹੀ ਆਪਣੇ ਬੰਦਿਆਂ ਦੀ ਦੁਆ ਕਬੂਲ ਕਰਦਾ ਹੈ ਅਤੇ ਉਹੀਓ ਸਦਕੇ (ਪੁਨ-ਦਾਨ) ਕਬੂਲ ਕਰਦਾ ਹੈ। ਬੇਸ਼ੱਕ ਅੱਲਾਹ ਹੀ ਤੌਬਾ ਨੂੰ ਕਬੂਲ ਕਰਨ ਵਾਲਾ ਅਤੇ ਰਹਿਮ ਕਰਨ ਵਾਲਾ ਹੈ।

أَلَمْ يَعْلَمُوا أَنَّ اللَّهَ هُوَ يَقْبَلُ التَّوْبَةَ عَنْ عِبَادِهِ وَيَأْخُذُ الصَّدَقَاتِ وَأَنَّ اللَّهَ هُوَ التَّوَّابُ الرَّحِيمُ ﴿١٠٤﴾

105. (ਹੇ ਨਬੀ!) ਤੁਸੀਂ ਆਖ ਦਿਓ। ਕਿ ਤੁਸੀਂ ਅਮਲਾਂ ਕਰਦੇ ਰਹੋ। ਤੁਹਾਡੇ ਅਮਲਾਂ ਨੂੰ ਅੱਲਾਹ ਆਪ ਹੀ ਵੇਖ ਲਵੇਗਾ ਅਤੇ ਉਸ ਦਾ ਰਸੂਲ 'ਤੇ ਈਮਾਨ ਵਾਲੇ ਵੀ ਵੇਖ ਲੈਣਗੇ ਅਤੇ ਤੁਸੀਂ ਜ਼ਰੂਰ ਹੀ ਉਸੇ ਵੱਲ ਪਰਤਾਏ ਜਾਓਗੇ, ਜਿਹੜਾ ਸਾਰੀਆਂ ਹੀ ਲੁੱਕੀਆਂ ਅਤੇ ਖੁੱਲ੍ਹੀਆਂ ਹੋਈਆਂ ਗੱਲਾਂ ਨੂੰ ਜਾਣਦਾ ਹੈ। ਸੋ ਉਹ ਤੁਹਾਨੂੰ ਤੁਹਾਡਾ ਸਾਰਾ ਕੀਤਾ ਕਰਿਆ ਦੱਸ ਦੇਵੇਗਾ।

وَقُلِ اعْمَلُوا فَسَيَرَى اللَّهُ عَمَلَكُمْ وَرَسُولُهُ وَالْمُؤْمِنُونَ ۖ وَسَتُرَدُّونَ إِلَىٰ عَالِمِ الْغَيْبِ وَالشَّهَادَةِ فَيُنَبِّئُكُمْ بِمَا كُنْتُمْ تَعْمَلُونَ ﴿١٠٥﴾

106. ਅਤੇ ਕੁੱਝ ਉਹ ਲੋਕ ਹਨ ਜਿਨ੍ਹਾਂ ਦਾ ਮਾਮਲਾ ਅਜਿਹੇ ਅੱਲਾਹ ਦੇ ਹੁਕਮ 'ਤੇ ਆਉਣ ਤਕ ਪਿੱਛੇ ਪਾ ਦਿੱਤਾ ਹੈ। ਉਹ ਜਾਂ ਤਾਂ ਉਹਨਾਂ ਨੂੰ ਸਜ਼ਾ ਦੇਵੇਗਾ ਜਾਂ ਉਹਨਾਂ ਦੀ ਤੌਬਾ ਕਬੂਲ ਕਰ ਲੇਵੇਗਾ। ਅੱਲਾਹ ਭਲੀ-ਭਾਂਤ ਜਾਣਨ ਵਾਲਾ ਤੇ ਸੂਝਵਾਨ ਹੈ।

وَآخَرُونَ مُرْجَوْنَ لِأَمْرِ اللَّهِ إِمَّا يُعَذِّبُهُمْ وَإِمَّا يَتُوبُ عَلَيْهِمْ ۗ وَاللَّهُ عَلِيمٌ حَكِيمٌ ﴿١٠٦﴾

وَالَّذِينَ اتَّخَذُوا مَسْجِدًا ضِرَارًا وَكُفْرًا وَتَفْرِيقًا
بَيْنَ الْمُؤْمِنِينَ وَإِرْصَادًا لِّمَنْ حَارَبَ اللَّهَ
وَرَسُولَهُ مِن قَبْلُ ۚ وَلَيَحْلِفُنَّ إِنْ أَرَدْنَا
إِلَّا الْحُسْنَىٰ ۖ وَاللَّهُ يَشْهَدُ إِنَّهُمْ لَكَاذِبُونَ 107.

107. ਕੁੱਝ ਲੋਕ ਉਹ ਵੀ ਹਨ ਜਿਨ੍ਹਾਂ ਨੇ ਇਸ ਲਈ ਮਸੀਤ ਬਣਵਾਈ ਸੀ ਤਾਂ ਜੋ (ਮੁਸਲਮਾਨਾਂ ਨੂੰ) ਨੁਕਸਾਨ ਪਹੁੰਚਾਉਣ, ਕੁਫ਼ਰ ਨੂੰ ਵਧਾਉਣ ਅਤੇ ਮੁਸਲਮਾਨਾਂ ਵਿਚ ਫੁੱਟ ਪਾਉਣ ਅਤੇ ਉਸ ਵਿਅਕਤੀ ਲਈ ਘਾਤ ਦਾ ਪ੍ਰਬੰਧ ਕਰਨ ਜਿਹੜਾ ਇਸ ਤੋਂ ਪਹਿਲਾਂ ਅੱਲਾਹ ਅਤੇ ਉਸ ਦੇ ਰਸੂਲ ਦੇ ਵਿਰੁੱਧ ਲੜ ਚੁੱਕਿਆ ਹੈ। ਉਹ ਕਸਮਾਂ ਖਾ ਖਾ ਕੇ ਆਖਣਗੇ ਕਿ ਸਾਡਾ ਇਰਾਦਾ ਤਾਂ ਭਲਾਈ ਕਰਨਾ ਸੀ। ਅੱਲਾਹ ਗਵਾਹੀ ਦਿੰਦਾ ਹੈ ਕਿ ਬੇਸ਼ੱਕ ਉਹ ਉੱਕਾ ਹੀ ਝੂਠੇ ਹਨ।

لَا تَقُمْ فِيهِ أَبَدًا ۚ لَّمَسْجِدٌ أُسِّسَ عَلَى التَّقْوَىٰ
مِنْ أَوَّلِ يَوْمٍ أَحَقُّ أَن تَقُومَ فِيهِ ۚ فِيهِ رِجَالٌ
يُحِبُّونَ أَن يَتَطَهَّرُوا ۚ وَاللَّهُ يُحِبُّ الْمُطَّهِّرِينَ 108.

108. (ਹੇ ਨਬੀ!) ਤੁਸੀਂ ਉਸ ਮਸੀਤ (ਭਾਵ ਮਸਜਿਦੇ ਜ਼ੱਰਾਰ) ਵਿਚ ਕਦੇ ਵੀ ਖੜ੍ਹੇ ਨਾ ਹੋਣਾ। ਹਾਂ! ਜਿਸ ਮਸੀਤ ਦੀ ਨੀਂਹ ਪਹਿਲੇ ਹੀ ਦਿਨ ਤੋਂ ਤਕਵੇ 'ਤੇ (ਭਾਵ ਨੇਕ ਨਿੱਯਤੀ) ਨਾਲ ਰੱਖੀ ਗਈ ਹੋਵੇ, ਉਹੀ (ਮਸੀਤ) ਇਸ ਯੋਗ ਹੈ ਕਿ ਉਸ ਵਿਚ ਤੁਸੀਂ (ਨਮਾਜ਼ ਲਈ) ਖੜ੍ਹੇ ਹੋਵੋ, ਇਸ ਵਿਚ ਅਜਿਹੇ ਲੋਕ ਵੀ ਹਨ ਜਿਹੜੇ ਪਾਕ ਰਹਿਣਾ ਪਸੰਦ ਕਰਦੇ ਹਨ। ਅੱਲਾਹ ਵੀ ਪਾਕ ਰਹਿਣ ਵਾਲਿਆਂ ਨੂੰ ਹੀ ਪਸੰਦ ਕਰਦਾ ਹੈ।

أَفَمَنْ أَسَّسَ بُنْيَانَهُ عَلَىٰ تَقْوَىٰ مِنَ اللَّهِ
وَرِضْوَانٍ خَيْرٌ أَم مَّنْ أَسَّسَ بُنْيَانَهُ عَلَىٰ
شَفَا جُرُفٍ هَارٍ فَانْهَارَ بِهِ فِي نَارِ جَهَنَّمَ ۗ
وَاللَّهُ لَا يَهْدِي الْقَوْمَ الظَّالِمِينَ 109.

109. ਕੀ ਉਹ ਵਿਅਕਤੀ ਵਧੀਆ ਹੈ ਜਿਸ ਨੇ ਆਪਣੀ ਇਮਾਰਤ ਦੀ ਨੀਂਹ ਅੱਲਾਹ ਦੇ ਡਰ 'ਤੇ ਅਤੇ ਉਸ ਦੀ ਰਜ਼ਾ ਲਈ ਰੱਖੀ ਹੋਵੇ ਜਾਂ ਉਹ ਵਿਅਕਤੀ ਜਿਸ ਨੇ ਆਪਣੀ ਇਮਾਰਤ ਦੀ ਨੀਂਹ ਕਿਸੇ ਦਰਿਆ ਦੇ ਕੰਢੇ 'ਤੇ ਰੱਖੀ ਹੋਵੇ, ਜਿਹੜੀ ਡਿੱਗਣ ਵਾਲੀ ਹੋਵੇ, ਫਿਰ ਉਹ ਉਸ ਨੂੰ ਲੈਕੇ ਨਰਕ ਦੀ ਅੱਗ ਵਿਚ ਡਿੱਗ ਜਾਵੇ। ਅੱਲਾਹ ਅਜਿਹੇ ਜ਼ਾਲਮਾਂ ਨੂੰ ਸਮਝ ਨਹੀਂ ਦਿੰਦਾ।

لَا يَزَالُ بُنْيَانُهُمُ الَّذِي بَنَوْا رِيبَةً فِي قُلُوبِهِمْ
إِلَّا أَنْ تَقَطَّعَ قُلُوبُهُمْ ۗ وَاللَّهُ عَلِيمٌ حَكِيمٌ (110)

110. ਉਹਨਾਂ ਦੀ ਉਸਾਰੀ ਹੋਈ ਇਮਾਰਤ ਸਦਾ ਲਈ ਉਹਨਾਂ ਦੇ ਮਨਾਂ ਵਿਚ (ਕੰਡਾ ਬਣਕੇ) ਚੁਭਦੀ ਰਹੇਗੀ, ਜੇ ਉਹਨਾਂ ਦੇ ਦਿਲ ਹੀ ਟੋਟੇ-ਟੋਟੇ ਹੋ ਜਾਣ ਤਾਂ ਗੱਲ ਹੈ। ਅੱਲਾਹ ਸਭ ਕੁੱਝ ਜਾਣਨ ਵਾਲਾ ਤੇ ਸੂਝਵਾਨ ਹੈ।

إِنَّ اللَّهَ اشْتَرَىٰ مِنَ الْمُؤْمِنِينَ أَنْفُسَهُمْ وَأَمْوَالَهُمْ
بِأَنَّ لَهُمُ الْجَنَّةَ ۚ يُقَاتِلُونَ فِي سَبِيلِ اللَّهِ فَيَقْتُلُونَ
وَيُقْتَلُونَ ۖ وَعْدًا عَلَيْهِ حَقًّا فِي التَّوْرَاةِ
وَالْإِنْجِيلِ وَالْقُرْآنِ ۚ وَمَنْ أَوْفَىٰ بِعَهْدِهِ مِنَ اللَّهِ ۚ
فَاسْتَبْشِرُوا بِبَيْعِكُمُ الَّذِي بَايَعْتُمْ بِهِ ۚ
وَذَٰلِكَ هُوَ الْفَوْزُ الْعَظِيمُ (111)

111. ਬੇਸ਼ੱਕ ਅੱਲਾਹ ਨੇ ਮੁਸਲਮਾਨਾਂ ਤੋਂ ਉਹਨਾਂ ਦੀਆਂ ਜਾਨਾਂ ਅਤੇ ਮਾਲਾਂ ਨੂੰ ਜੰਨਤ ਦੇ ਬਦਲੇ ਖ਼ਰੀਦ ਲਿਆ ਹੈ। ਉਹੀ ਲੋਕੀ ਅੱਲਾਹ ਦੀ ਰਾਹ ਵਿਚ ਲੜਦੇ ਹਨ, ਉਹ ਕਤਲ ਕਰਦੇ ਵੀ ਹਨ ਤੇ ਕਤਲ ਹੁੰਦੇ ਵੀ ਹਨ। ਇਸ ਲਈ (ਜੰਨਤ ਦਾ) ਵਾਅਦਾ ਕੀਤਾ ਗਿਆ ਹੈ, ਜਿਹੜਾ ਤੌਰੈਤ ਇੰਜੀਲ ਤੇ ਕੁਰਆਨ ਵਿੱਚੋਂ ਹੈ। ਅੱਲਾਹ ਤੋਂ ਵੱਧ ਕੇ ਆਪਣੇ ਵਾਅਦੇ ਨੂੰ ਪੂਰਾ ਕਰਨ ਵਾਲਾ ਕੌਣ ਹੈ। ਸੋ (ਹੇ ਮੁਸਲਮਾਨੋ!) ਜਿਹੜਾ ਤੁਸੀਂ ਅੱਲਾਹ ਨਾਲ ਸੌਦਾ ਕੀਤਾ ਹੈ ਇਸ ਲਈ ਖ਼ੁਸ਼ੀਆਂ ਮਨਾਓ ਤੇ ਇਹੀ ਵੱਡੀ ਸਫਲਤਾ ਹੈ।[1]

التَّائِبُونَ الْعَابِدُونَ الْحَامِدُونَ السَّائِحُونَ
الرَّاكِعُونَ السَّاجِدُونَ الْآمِرُونَ بِالْمَعْرُوفِ
وَالنَّاهُونَ عَنِ الْمُنْكَرِ وَالْحَافِظُونَ لِحُدُودِ
اللَّهِ ۗ وَبَشِّرِ الْمُؤْمِنِينَ (112)

112. ਇਹ ਲੋਕ ਤੌਬਾ ਕਰਨ ਵਾਲੇ, ਇਬਾਦਤ ਕਰਨ ਵਾਲੇ, ਰੱਬ ਦੀ ਪ੍ਰਸ਼ੰਸਾ ਕਰਨ ਵਾਲੇ, ਰੋਜ਼ਾ ਰੱਖਣ ਵਾਲੇ, ਚੰਗੀਆਂ ਗੱਲਾਂ ਦੀ ਸਿੱਖਿਆ ਦੇਣ ਵਾਲੇ, ਬੁਰੀਆਂ ਗੱਲਾਂ ਤੋਂ ਰੋਕਣ ਵਾਲੇ ਅਤੇ ਅੱਲਾਹ ਦੀਆਂ ਹੱਦਾਂ ਦੀ ਰਾਖੀ ਕਰਨ ਵਾਲੇ ਹਨ।

---

[1] ਇਸ ਵਿਚ ਜਹਾਦੀ ਮੁਹੱਤਤਾ ਦੱਸੀ ਗਈ ਹੈ ਅੱਲਾਹ ਦੇ ਰਸੂਲ ਨੇ ਫ਼ਰਮਾਇਆ ਜਿਹੜਾ ਵਿਅਕਤੀ ਅੱਲਾਹ ਦੀ ਰਾਹ ਵਿਚ ਜਹਾਦ ਕਰਦਾ ਹੈ ਅਤੇ ਅੱਲਾਹ ਦੀ ਰਾਹ ਵਿਚ ਜਹਾਦ ਅਤੇ ਉਸ ਦੇ ਕਲਮੇ ਦੀ ਪੁਸ਼ਟੀ ਕਰਨ ਉੱਤੇ ਉਸ ਨੂੰ ਘਰੋਂ ਕੱਢਿਆ ਗਿਆ ਤਾਂ ਅੱਲਾਹ ਉਸ ਦਾ ਜ਼ਾਮਨ ਬਣ ਜਾਂਦਾ ਹੈ ਫੇਰ ਜਾਂ ਤਾਂ ਉਸ ਨੂੰ ਜੰਨਤ ਵਿਚ ਦਾਖ਼ਿਲ ਕਰੇਗਾ ਜਾਂ ਚੰਗਾ ਬਦਲਾ ਅਤੇ ਮਾਲੇ ਗ਼ਨੀਮਤ ਦੇਕੇ ਉਸ ਦੇ ਨਿਵਾਸ ਸਥਾਨ ਤੱਕ ਪਹੁੰਚਾ ਦੇਵੇਗਾ ਜਿੱਥੇ ਉਹ ਆਇਆ ਸੀ। (ਸਹੀ ਬੁਖ਼ਾਰੀ, ਹਦੀਸ 3123)

• ਇਸੇ ਤਰ੍ਹਾਂ ਜਿਹੜਾ ਕੋਈ ਜਿਹਾਦ ਨਹੀਂ ਕਰਦਾ ਤਾਂ ਉਸ ਦੇ ਲਈ ਕਰੜੀ ਚੇਤਾਵਨੀ ਹੈ। ਨਬੀ (ਸ:) ਨੇ ਫ਼ਰਮਾਇਆ ਕਿ ਜਿਹੜਾ ਕੋਈ ਜਿਹਾਦ ਨਹੀਂ ਕਰਦਾ ਤਾਂ ਅੱਲਾਹ ਉਸ ਉੱਤੇ ਜ਼ਿੱਲਤ ਲਾਗੂ ਕਰ ਦਿੰਦਾ ਹੈ। ਅਤੇ ਉਹ ਜ਼ਿੱਲਤ ਉਸ ਤੋਂ ਹਟਾਈ ਨਹੀਂ ਜਾਵੇਗੀ। ਇੱਥੋਂ ਤੱਕ ਕਿ ਤੁਸੀਂ ਆਪਣੇ ਦੀਨ ਇਸਲਾਮ ਵੱਲ ਮੁੜ ਆਓ। (ਅਬੂ ਦਾਊਦ, ਹਦੀਸ 3462)

(ਹੇ ਨਬੀ!) ਅਜਿਹੇ ਮੋਮਿਨਾਂ ਨੂੰ (ਜੰਨਤਾਂ ਦੀਆਂ) ਖ਼ੁਸ਼ਖ਼ਬਰੀਆਂ ਸੁਣਾ ਦਿਓ।

113. ਨਬੀ ਅਤੇ ਦੂਜੇ ਮੁਸਲਮਾਨਾਂ ਲਈ ਇਹ ਗੱਲ ਜਾਇਜ਼ ਨਹੀਂ ਕਿ ਮੁਸ਼ਰਿਕਾਂ ਲਈ ਰੱਬ ਤੋਂ ਬਖ਼ਸ਼ਿਸ਼ ਦੀ ਦੁਆ ਕਰਨ ਭਾਵੇਂ ਉਹ ਉਹਨਾਂ ਦੇ ਸਕੇ-ਸੰਬੰਧੀ ਹੀ ਕਿਉਂ ਨਾ ਹੋਣ ਜਦ ਕਿ ਇਹ ਗੱਲ ਸਪਸ਼ਟ ਹੋ ਚੁੱਕੀ ਹੈ ਕਿ ਉਹ ਲੋਕੀ ਨਰਕੀ ਹਨ।

مَا كَانَ لِلنَّبِيِّ وَالَّذِينَ آمَنُوا أَن يَسْتَغْفِرُوا
لِلْمُشْرِكِينَ وَلَوْ كَانُوا أُولِي قُرْبَىٰ مِن بَعْدِ
مَا تَبَيَّنَ لَهُمْ أَنَّهُمْ أَصْحَابُ الْجَحِيمِ ﴿١١٣﴾

114. ਰਹੀ ਗੱਲ ਇਬਰਾਹੀਮ ਦਾ ਆਪਣੇ ਪਿਤਾ ਲਈ ਖਿਮਾ ਦੀ ਦੁਆ ਮੰਗਣ ਦੀ ਉਹ ਤਾਂ ਕੇਵਲ ਇਕ ਵਚਨ ਸੀ ਜਿਹੜਾ (ਇਬਰਾਹੀਮ) ਨੇ ਉਸ ਨਾਲ ਕਰ ਲਿਆ ਸੀ। ਜਦੋਂ ਉਸ ਨੇ 'ਤੇ ਇਹ ਗੱਲ ਸਪੱਸ਼ਟ ਹੋ ਗਈ ਕਿ ਉਹ ਤਾਂ ਅੱਲਾਹ ਦਾ ਦੁਸ਼ਮਨ ਹੈ ਤਾਂ ਉਹ (ਇਬਰਾਹੀਮ ਆਪਣੇ ਪਿਤਾ ਤੋਂ) ਅਬਾਜ਼ਾਰ ਹੋ ਗਿਆ।[1] ਹਕੀਕਤ ਇਹੋ ਹੈ ਕਿ ਇਬਰਾਹੀਮ ਬਹੁਤ ਹੀ ਕੋਮਲ ਹਿਰਦੇ ਵਾਲਾ ਤੇ ਬਹੁਤ ਹੀ ਸਹਿਣਸ਼ੀਲ ਵਿਅਕਤੀ ਸੀ।

وَمَا كَانَ اسْتِغْفَارُ إِبْرَاهِيمَ لِأَبِيهِ إِلَّا عَن مَّوْعِدَةٍ
وَعَدَهَا إِيَّاهُ فَلَمَّا تَبَيَّنَ لَهُ أَنَّهُ عَدُوٌّ لِّلَّهِ
تَبَرَّأَ مِنْهُ إِنَّ إِبْرَاهِيمَ لَأَوَّاهٌ حَلِيمٌ ﴿١١٤﴾

115. ਅੱਲਾਹ ਅਜਿਹਾ ਨਹੀਂ ਕਰਦਾ ਕਿ ਕਿਸੇ ਕੌਮ ਨੂੰ ਹਿਦਾਇਤ ਦੇਣ ਤੋਂ ਬਾਅਦ ਗੁਮਰਾਹ ਕਰ ਦੇਵੇ ਜਦੋਂ ਤਕ ਕਿ ਉਹਨਾਂ ਨੂੰ ਉਹ ਸਾਰੀਆਂ ਗੱਲਾਂ ਨੂੰ ਸਪਸ਼ਟ ਰੂਪ ਵਿਚ ਦੱਸ ਨਾ ਦੇਵੇ ਜਿਨ੍ਹਾਂ ਤੋਂ ਬਚਣਾ ਚਾਹੀਦਾ ਹੈ।[2] ਬੇਸ਼ੱਕ ਅੱਲਾਹ ਹਰੇਕ ਚੀਜ਼ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

وَمَا كَانَ اللَّهُ لِيُضِلَّ قَوْمًا بَعْدَ إِذْ هَدَاهُمْ
حَتَّىٰ يُبَيِّنَ لَهُم مَّا يَتَّقُونَ إِنَّ اللَّهَ بِكُلِّ شَيْءٍ
عَلِيمٌ ﴿١١٥﴾

116. ਬੇਸ਼ੱਕ ਅੱਲਾਹ ਹੀ ਧਰਤੀ ਤੇ ਅਕਾਸ਼ਾਂ ਦਾ ਮਾਲਿਕ ਹੈ, ਉਹੀਓ ਜੀਵਨ ਤੇ ਮੌਤ ਦਿੰਦਾ ਹੈ ਅਤੇ ਅੱਲਾਹ ਤੋਂ ਛੁੱਟ ਤੁਹਾਡਾ ਹੋਰ ਕੋਈ ਨਾ ਸਾਥੀ ਹੈ ਨਾ ਹੀ ਮਦਦਗਾਰ ਹੈ।

إِنَّ اللَّهَ لَهُ مُلْكُ السَّمَاوَاتِ وَالْأَرْضِ يُحْيِي وَيُمِيتُ
وَمَا لَكُم مِّن دُونِ اللَّهِ مِن وَلِيٍّ وَلَا نَصِيرٍ ﴿١١٦﴾

---

[1] ਵੇਖੋ ਸੂਰਤ ਅਲ-ਅਨਾਮ, ਹਾਸ਼ੀਆ ਆਇਤ 74/6

[2] ਇਸ ਤੋਂ ਆਲਮਾਂ ਨੇ ਇਹ ਸਿੱਧ ਕੀਤਾ ਹੈ ਕਿ ਸਪਸ਼ਟ ਦਲੀਲ ਤੋਂ ਬਿਨਾਂ ਕਿਸੇ ਮੁਸਲਮਾਨ ਨੂੰ ਕਾਫ਼ਿਰ ਨਹੀਂ ਕਹਿਣਾ ਚਾਹੀਦਾ।

117. ਅੱਲਾਹ ਨੇ ਨਬੀ (ਸ.) ਦਾ ਅਤੇ ਉਨ੍ਹਾਂ ਮੁਹਾਜਰਾਂ ਤੇ ਅਨਸਾਰਾਂ (ਸਹਾਇਕ) ਦਾ ਵਿਸ਼ੇਸ਼ ਧਿਆਨ ਰੱਖਿਆ ਹੈ, ਕਿਉਂ ਜੋ ਉਹਨਾਂ ਨੇ ਬੜੇ ਔਖੇ ਸਮੇਂ ਨਬੀ ਦਾ ਸਾਥ ਦਿੱਤਾ, ਭਾਵੇਂ ਕਿ ਬਾਅਦ ਵਿਚ ਉਹਨਾਂ ਵਿੱਚੋਂ ਇਕ ਟੋਲੀ ਦੇ ਦਿਲ ਡੋਲ ਰਹੇ ਸਨ, ਪਰ ਅੱਲਾਹ ਨੇ ਫੇਰ ਵੀ ਉਹਨਾਂ 'ਤੇ ਕ੍ਰਿਪਾ ਕੀਤੀ। ਬੇਸ਼ੱਕ ਉਹ ਉਹਨਾਂ 'ਤੇ ਬਹੁਤ ਹੀ ਮਿਹਰਬਾਨ ਤੇ ਰਹਿਮ ਫ਼ਰਮਾਉਣ ਵਾਲਾ ਹੈ।

لقد تاب الله على النبي والمهجرين والانصار الذين اتبعوه في ساعة العسرة من بعد ما كاد يزيغ قلوب فريق منهم ثم تاب عليهم انه بهم رءوف رحيم (١١٧)

118. ਅੱਲਾਹ ਨੇ ਉਹਨਾਂ ਤਿੰਨਾਂ ਨੂੰ ਵੀ ਮੁਆਫ਼ ਕਰ ਦਿੱਤਾ ਜਿਨ੍ਹਾਂ ਦਾ ਮਾਮਲਾ ਰੱਬੀ ਹੁਕਮਾਂ ਦੀ ਉਡੀਕ ਵਿਚ ਪਿੱਛੇ ਪਾ ਦਿੱਤਾ ਗਿਆ ਸੀ, ਇੱਥੋਂ ਤਕ ਕਿ ਧਰਤੀ ਆਪਣੀ ਸਾਰੀ ਵਿਸ਼ਾਲਤਾ ਹੋਣ ਦੇ ਬਾਵਜੂਦ ਉਹਨਾਂ ਲਈ ਤੰਗ ਹੋ ਗਈ ਸੀ (ਭਾਵ ਛੋਟੀ ਹੋ ਗਈ ਸੀ) ਅਤੇ ਉਹਨਾਂ ਦੇ ਪ੍ਰਾਣ ਵੀ ਉਹਨਾਂ 'ਤੇ ਭਾਰ ਬਣੇ ਹੋਏ ਸੀ ਅਤੇ ਉਹਨਾਂ ਨੇ ਇਹ ਸਮਝ ਲਿਆ ਸੀ ਕਿ ਹੁਣ ਅੱਲਾਹ ਤੋਂ ਬਚਣ ਲਈ ਛੁੱਟ ਉਸ ਦੀ ਮਿਹਰਾਂ ਤੋਂ ਕੋਈ ਸ਼ਰਨ-ਅਸਥਾਨ ਨਹੀਂ। ਅੱਲਾਹ ਨੇ ਉਹਨਾਂ ਵੱਲ ਧਿਆਨ ਦਿੱਤਾ ਤਾਂ ਜੋ ਅੱਗੇ ਲਈ ਤੌਬਾ ਕਰ ਸਕਣ। ਬੇਸ਼ੱਕ ਅੱਲਾਹ ਬਹੁਤ ਤੌਬਾ ਕਬੂਲ ਕਰਨ ਵਾਲਾ ਤੇ ਰਹਿਮ ਕਰਨ ਵਾਲਾ ਹੈ।

وعلى الثلثة الذين خلفوا حتى اذا ضاقت عليهم الارض بما رحبت وضاقت عليهم انفسهم وظنوا ان لا ملجا من الله الا اليه ثم تاب عليهم ليتوبوا ان الله هو التواب الرحيم (١١٨)

119. ਹੇ ਈਮਾਨ ਵਾਲਿਓ! ਅੱਲਾਹ ਤੋਂ ਡਰੋ ਅਤੇ ਸੱਚੇ ਲੋਕਾਂ ਦਾ ਹੀ ਸਾਥ ਦਿਓ।[1]

يايها الذين امنوا اتقوا الله وكونوا مع الصدقين (١١٩)

---

[1] ਅੱਲਾਹ ਦੇ ਨਬੀ ਨੇ ਫ਼ਰਮਾਇਆ ਕਿ ਬੇਸ਼ੱਕ ਸੱਚਾਈ ਨੇਕੀ ਵੱਲ ਹਿਦਾਇਤ ਕਰਦੀ ਹੈ ਅਤੇ ਨੇਕੀ ਜੰਨਤ ਵੱਲ ਲੈ ਕੇ ਜਾਂਦੀ ਹੈ ਅਤੇ ਆਦਮੀ ਸੱਚ ਬੋਲਦਾ ਰਹਿੰਦਾ ਹੈ। ਇੱਥੋਂ ਤੱਕ ਕਿ ਸਚਿਆਰਾ ਬਣ ਜਾਂਦਾ ਹੈ ਅਤੇ ਝੂਠ ਗੁਨਾਹ ਵੱਲ ਲੈ ਕੇ ਜਾਂਦਾ ਹੈ ਅਤੇ ਨਰਕ ਵੱਲ ਪਹੁੰਚਾ ਦਿੰਦਾ ਹੈ। ਜਿਹੜਾ ਵਿਅਕਤੀ ਝੂਠ ਬੋਲਦਾ ਰਹਿੰਦਾ ਹੈ ਉਹ ਅੱਲਾਹ ਕੋਲ ਝੂਠਾ ਲਿਖ ਦਿੱਤਾ ਜਾਂਦਾ ਹੈ। (ਸਹੀ ਬੁਖ਼ਾਰੀ, ਹਦੀਸ 6094)

مَا كَانَ لِأَهْلِ الْمَدِينَةِ وَمَنْ حَوْلَهُم مِّنَ الْأَعْرَابِ أَن يَتَخَلَّفُوا عَن رَّسُولِ اللَّهِ وَلَا يَرْغَبُوا بِأَنفُسِهِمْ عَن نَّفْسِهِ ۚ ذَٰلِكَ بِأَنَّهُمْ لَا يُصِيبُهُمْ ظَمَأٌ وَلَا نَصَبٌ وَلَا مَخْمَصَةٌ فِي سَبِيلِ اللَّهِ وَلَا يَطَئُونَ مَوْطِئًا يَغِيظُ الْكُفَّارَ وَلَا يَنَالُونَ مِنْ عَدُوٍّ نَّيْلًا إِلَّا كُتِبَ لَهُم بِهِ عَمَلٌ صَالِحٌ ۚ إِنَّ اللَّهَ لَا يُضِيعُ أَجْرَ الْمُحْسِنِينَ ﴿١٢٠﴾

120. ਮਦੀਨੇ ਦੇ ਵਸਨੀਕ ਤੇ ਆਲੇ-ਦੁਆਲੇ ਦੇ ਬਦੂਆਂ ਨੂੰ ਇਹ ਉੱਕਾ ਹੀ ਸ਼ੋਭਦਾ ਨਹੀਂ ਸੀ ਕਿ ਉਹ (ਜਿਹਾਦ ਵਿਚ) ਅੱਲਾਹ ਦੇ ਰਸੂਲ ਤੋਂ ਪਿੱਛੇ ਰਹਿ ਜਾਣ ਅਤੇ ਨਾ ਹੀ ਇਹ (ਸ਼ੋਭਦਾ ਹੈ) ਕਿ ਆਪਣੀ ਜਾਨਾਂ ਨੂੰ ਨਬੀ ਦੀ ਜਾਨ ਤੋਂ ਵੱਧ ਪਿਆਰੀਆਂ ਸਮਝਣ ਇਹ ਇਸ ਲਈ ਕਿ ਇਹ ਉਹ (ਲੋਕ) ਹਨ ਜਿਹੜੇ ਅੱਲਾਹ ਦੀ ਰਾਹ ਵਿਚ ਭੁੱਖੇ ਪਿਆਸੇ ਤੇ ਥਕੇਵੇਂ ਸਹਿਣ ਕਰਦੇ ਹਨ ਅਤੇ ਅਜਿਹੇ ਰਾਹਾਂ ਨੂੰ ਪੈਰਾਂ ਨਾਲ ਪੁੱਟਦੇ ਹਨ ਜਿਹੜੇ ਸੱਚ ਦੇ ਇਨਕਾਰੀਆਂ ਨੂੰ ਬਹੁਤ ਹੀ ਭੈੜੀ ਜਾਪਦੀ ਹੈ ਅਤੇ ਵੈਰੀਆਂ ਤੋਂ ਜਿਹੜੀ ਵੀ ਸਫ਼ਲਤਾ ਪ੍ਰਾਪਤ ਕਰਦੇ ਹਨ ਉਸ ਦੇ ਬਦਲੇ ਉਹਨਾਂ ਲਈ ਨੇਕ ਕਰਮ ਲਿਖੇ ਜਾਂਦੇ ਹਨ। ਬੇਸ਼ੱਕ ਅੱਲਾਹ ਕੋਲ ਪਰਉਪਕਾਰੀਆਂ ਦਾ ਸੇਵਾ ਫਲ ਮਾਰਿਆ ਨਹੀਂ ਜਾਂਦਾ।

وَلَا يُنفِقُونَ نَفَقَةً صَغِيرَةً وَلَا كَبِيرَةً وَلَا يَقْطَعُونَ وَادِيًا إِلَّا كُتِبَ لَهُمْ لِيَجْزِيَهُمُ اللَّهُ أَحْسَنَ مَا كَانُوا يَعْمَلُونَ ﴿١٢١﴾

121. ਅਤੇ ਜੋ ਵੀ ਥੋੜ੍ਹਾ ਜਾਂ ਬਹੁਤਾ ਖ਼ਰਚ ਕਰਦੇ ਹਨ ਅਤੇ ਉਹ ਜਿਹੜੀ ਵੀ ਘਾਟੀ (ਲੜਦੇ ਹੋਏ) ਪਾਰ ਕਰਦੇ ਹਨ ਉਹ ਸਭ ਕੁੱਝ ਉਹਨਾਂ ਦੇ ਨਾਂ ਲਿਖ ਦਿੱਤਾ ਜਾਂਦਾ ਹੈ ਤਾਂ ਜੋ ਅੱਲਾਹ ਉਹਨਾਂ ਨੂੰ ਉਹਨਾਂ ਦੇ ਕੰਮਾਂ ਦਾ ਵਧੀਆ ਬਦਲਾ ਦੇਵੇ।[1]

وَمَا كَانَ الْمُؤْمِنُونَ لِيَنفِرُوا كَافَّةً ۚ فَلَوْلَا نَفَرَ مِن كُلِّ فِرْقَةٍ مِّنْهُمْ طَائِفَةٌ لِّيَتَفَقَّهُوا فِي الدِّينِ وَلِيُنذِرُوا قَوْمَهُمْ إِذَا رَجَعُوا إِلَيْهِمْ لَعَلَّهُمْ يَحْذَرُونَ ﴿١٢٢﴾

122 ਅਤੇ ਮੋਮਿਨਾਂ ਨੂੰ ਨਹੀਂ ਚਾਹੀਦਾ ਕਿ ਉਹ ਸਾਰੇ ਦੇ ਸਾਰੇ (ਜੰਗ ਲਈ) ਤੁਰ ਪੈਣ। ਉਹਨਾਂ ਦੇ ਹਰ ਕਬੀਲੇ ਵਿੱਚੋਂ ਇਕ ਟੋਲੀ ਦੀਨ ਦੀ ਸੂਝ-ਬੂਝ ਪ੍ਰਾਪਤ ਕਰਨ ਲਈ ਕਿਉਂ ਨਹੀਂ ਨਿਕਲੇ। ਜਦੋਂ ਇਹ ਲੋਕ ਆਪਣੀ ਕੌਮ ਦੇ ਕੋਲ ਆਉਣ ਤਾਂ

---

[1] ਇਸ ਵਿੱਚ ਅੱਲਾਹ ਦੇ ਫ਼ਜ਼ਲਾਂ ਦੀ ਚਰਚਾ ਕੀਤੀ ਗਈ ਹੈ ਜੋ ਉਹ ਨੇਕੀ ਦਾ ਬਦਲਾ ਦਿੰਦੇ ਸਮੇਂ ਇਖ਼ਤਿਆਰ ਕਰਦਾ ਹੈ ਕਿ ਹਰ ਨੇਕ ਕੰਮ ਕਰਨ 'ਤੇ ਦਸ ਤੋਂ ਲੈ ਕੇ ਸੱਤ ਸੌ ਗੁਣਾ ਤੱਕ ਸਵਾਬ ਮਿਲਦਾ ਹੈ ਅਤੇ ਜੇ ਉਹ ਕੋਈ ਬੁਰਾ ਕੰਮ ਕਰਦਾ ਹੈ ਤਾਂ ਇਕ ਹੀ ਗੁਣਾ ਗਿਣਿਆ ਜਾਂਦਾ ਹੈ ਅਤੇ ਹੋ ਸਕਦਾ ਹੈ ਕਿ ਅੱਲਾਹ ਉਸ ਨੂੰ ਮਾਫ਼ ਕਰ ਦੇਵੇ। (ਸਹੀ ਬੁਖ਼ਾਰੀ, ਹਦੀਸ 41)

ਉਹਨਾਂ ਨੂੰ ਸਾਵਧਾਨ ਕਰਨ ਤਾਂ ਅਤੇ ਆਪਣੇ ਪਿੱਛੇ ਰਹਿਣ ਵਾਲਿਆਂ ਨੂੰ ਰੱਬ ਤੋਂ ਡਰਾਉਣ।

123. ਹੇ ਈਮਾਨ ਵਾਲਿਓ! ਤੁਸੀਂ ਉਹਨਾਂ ਕਾਫ਼ਿਰਾਂ ਨਾਲ ਲੜੋ ਜਿਹੜੇ ਤੁਹਾਡੇ ਆਲੇ-ਦੁਆਲੇ ਹਨ ਅਤੇ ਚਾਹੀਦਾ ਹੈ ਕਿ ਉਹ ਤੁਹਾਡੇ ਵਿਚ ਕਰੜਾਈ ਵੇਖਣ। ਸੱਚ ਮੰਨੋ ਕਿ ਅੱਲਾਹ ਪਰਹੇਜ਼ਗਾਰ ਲੋਕਾਂ ਦਾ ਹੀ ਸਾਥੀ ਹੈ।

يَاأَيُّهَا الَّذِينَ آمَنُوا قَاتِلُوا الَّذِينَ يَلُونَكُمْ
مِنَ الْكُفَّارِ وَلْيَجِدُوا فِيكُمْ غِلْظَةً وَاعْلَمُوا
أَنَّ اللَّهَ مَعَ الْمُتَّقِينَ ﴿١٢٣﴾

124. ਜਦੋਂ ਵੀ ਕੋਈ ਸੂਰਤ ਉੱਤਰਦੀ ਹੈ ਤਾਂ ਇਹਨਾਂ ਮੁਨਾਫ਼ਿਕਾਂ ਵਿਚ ਕੁੱਝ ਲੋਕ ਮਖ਼ੌਲ ਵਜੋਂ ਮੁਸਲਮਾਨਾਂ ਤੋਂ) ਪੁੱਛਦੇ ਕਿ ਇਸ ਸੂਰਤ ਨੇ ਕਿਸ ਦੇ ਈਮਾਨ ਵਿਚ ਵਾਧਾ ਕੀਤਾ ਹੈ? ਜਿਹੜੇ ਤਾਂ ਈਮਾਨ ਵਾਲੇ ਹਨ ਹਰੇਕ ਸੂਰਤ ਨੇ ਉਹਨਾਂ ਦੇ ਈਮਾਨ ਵਿਚ ਵਾਧਾ ਕੀਤਾ ਹੈ ਅਤੇ ਉਹ ਇਸ ਤੋਂ ਖ਼ੁਸ਼ ਵੀ ਹਨ।

وَإِذَا مَا أُنْزِلَتْ سُورَةٌ فَمِنْهُمْ مَنْ يَقُولُ أَيُّكُمْ
زَادَتْهُ هَذِهِ إِيمَانًا فَأَمَّا الَّذِينَ آمَنُوا
فَزَادَتْهُمْ إِيمَانًا وَهُمْ يَسْتَبْشِرُونَ ﴿١٢٤﴾

125. ਪਰ ਜਿਨ੍ਹਾਂ ਦੇ ਮਨਾਂ ਵਿਚ ਕੱਪਟ ਦਾ ਰੋਗ ਹੈ ਹਰ ਉੱਤਰਨ ਵਾਲੀ ਸੂਰਤ ਉਹਨਾਂ ਦੇ ਮਨਾਂ ਦੀ ਗੰਦਗੀ ਵਿਚ ਵਾਧਾ ਕਰ ਦਿੰਦੀ ਹੈ ਅਤੇ ਉਹ ਕੁਫ਼ਰ ਦੀ ਹਾਲਤ ਵਿਚ ਹੀ ਮਰ ਜਾਣਗੇ।

وَأَمَّا الَّذِينَ فِي قُلُوبِهِمْ مَرَضٌ فَزَادَتْهُمْ
رِجْسًا إِلَى رِجْسِهِمْ وَمَاتُوا وَهُمْ كَافِرُونَ ﴿١٢٥﴾

126 ਕੀ ਇਹ (ਕਾਫ਼ਿਰ) ਲੋਕ ਨਹੀਂ ਵੇਖਦੇ ਕਿ ਸਾਲ ਵਿਚ ਇਕ ਜਾਂ ਦੋ ਵਾਰ ਉਹਨਾਂ ਦੀ ਪਰਖ ਕੀਤੀ ਜਾਂਦੀ ਹੈ। ਫੇਰ ਵੀ ਨਾ ਇਹ ਤੌਬਾ ਕਰਦੇ ਹਨ ਤਾਂ ਨਾ ਹੀ ਕੋਈ ਨਸੀਹਤ ਗ੍ਰਹਿਣ ਕਰਦੇ ਹਨ।

أَوَلَا يَرَوْنَ أَنَّهُمْ يُفْتَنُونَ فِي كُلِّ عَامٍ مَرَّةً
أَوْ مَرَّتَيْنِ ثُمَّ لَا يَتُوبُونَ وَلَا هُمْ يَذَّكَّرُونَ ﴿١٢٦﴾

127. ਜਦੋਂ ਕੋਈ ਸੂਰਤ ਨਾਜ਼ਿਲ ਹੁੰਦੀ ਹੈ ਤਾਂ ਇਹ ਅੱਖਾਂ ਅੱਖਾਂ ਵਿਚ ਹੀ ਇਕ ਦੂਜੇ ਨੂੰ ਵੇਖਦੇ ਹਨ ਕਿ ਉਹਨਾਂ ਨੂੰ ਕੋਈ ਵੇਖਦਾ ਤਾਂ ਨਹੀਂ ਫੇਰ ਮਲੱਕੜੇ ਜਿਹੇ ਟੁਰ ਪੈਂਦੇ ਹਨ। ਅੱਲਾਹ ਨੇ ਇਹਨਾਂ ਦੇ ਦਿਲਾਂ ਨੂੰ (ਸੱਚਾਈ) ਤੋਂ ਫੇਰ ਦਿੱਤਾ ਹੈ ਕਿਉਂ ਜੋ ਇਹ ਬੇਸਮਝ ਹਨ।

وَإِذَا مَا أُنْزِلَتْ سُورَةٌ نَظَرَ بَعْضُهُمْ إِلَى بَعْضٍ
هَلْ يَرَاكُمْ مِنْ أَحَدٍ ثُمَّ انْصَرَفُوا صَرَفَ
اللَّهُ قُلُوبَهُمْ بِأَنَّهُمْ قَوْمٌ لَا يَفْقَهُونَ ﴿١٢٧﴾

128. (ਹੇ ਲੋਕੋ!) ਤੁਹਾਡੇ ਕੋਲ ਇਕ ਅਜਿਹਾ ਪੈਗ਼ੰਬਰ ਆ ਗਿਆ ਹੈ ਜਿਹੜਾ ਤੁਹਾਡੇ ਹੀ ਵਿੱਚੋਂ ਹੈ, ਜਿਹੜਾ ਤੁਹਾਨੂੰ ਹਾਣ ਵਿਚ ਵੇਖਕੇ ਬੜਾ ਦੁਖੀ ਹੁੰਦਾ ਹੈ, ਉਸ ਨੂੰ ਤੁਹਾਡੀ ਭਲਾਈ ਦੀ ਵਧੇਰੇ ਲਾਲਸਾ ਹੈ ਅਤੇ ਈਮਾਨ ਵਾਲਿਆਂ ਲਈ ਅਤਿ ਕੋਮਲ ਚਿੱਤ ਤੇ ਰਹਿਮ ਫ਼ਰਮਾਉਣ ਵਾਲਾ ਹੈ।

لقد جاءكم رسول من أنفسكم عزيز عليه ما عنتم حريص عليكم بالمؤمنين رءوف رحيم ﴿١٢٨﴾

129. (ਹੇ ਨਬੀ!) ਜੇ ਫੇਰ ਵੀ ਉਹ ਤੁਹਾਥੋਂ ਮੂੰਹ ਮੋੜਣ ਤਾਂ ਤੁਸੀਂ ਕਹਿ ਦਿਓ ਕਿ ਮੇਰੇ ਲਈ ਤਾਂ ਮੇਰਾ ਅੱਲਾਹ ਹੀ ਬਥੇਰਾ ਹੈ ਇਸ ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ। ਮੈਂਨੇ ਉਸ 'ਤੇ ਹੀ ਭਰੋਸਾ ਕੀਤਾ ਹੈ ਅਤੇ ਉਹੀਓ ਮਹਾਨ ਰਾਜ-ਸਿੰਘਾਸਨ ਦਾ ਮਾਲਿਕ ਹੈ

فإن تولوا فقل حسبي الله لا إله إلا هو عليه توكلت وهو رب العرش العظيم ﴿١٢٩﴾

10. ਸੂਰਤ ਯੂਨੁਸ (ਮੱਕੀ-51)

سورة يونس

(ਆਇਤਾਂ 109, ਰੁਕੂਅ 11)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بسم الله الرحمن الرحيم

1. ਅਲਿਫ਼, ਲਾਮ, ਰਾ। ਇਹ ਆਇਤਾਂ (ਆਦੇਸ਼) ਹਿਕਮਤ (ਡੂੰਘੀ ਸਿਆਣਪ) ਵਾਲੀ ਕਿਤਾਬ (ਕੁਰਆਨ) ਦੀਆਂ ਹਨ।

الر تلك آيات الكتاب الحكيم ﴿١﴾

2. ਕੀ ਇਹ (ਮੱਕੇ ਦੇ) ਲੋਕਾਂ ਨੂੰ ਇਸ ਗੱਲ ਦੀ ਹੈਰਾਨੀ ਹੈ ਕਿ ਅਸੀਂ ਉਹਨਾਂ ਵਿੱਚੋਂ ਹੀ ਇਕ ਵਿਅਕਤੀ (ਹਜ਼ਰਤ ਮੁਹੰਮਦ) ਕੋਲ ਆਪਣੀ ਵਹੀ ਭੇਜੀ[1] ਕਿ ਉਹ ਸਾਰੇ ਲੋਕਾਂ ਨੂੰ (ਰੱਬ ਦੇ ਅਜ਼ਾਬ ਤੋਂ) ਡਰਾਵੇ ਅਤੇ ਜਿਹੜੇ ਈਮਾਨ ਲੈ ਆਉਣ

أكان للناس عجبا أن أوحينا إلى رجل منهم أن أنذر الناس وبشر الذين آمنوا أن لهم قدم صدق عند ربهم قال الكافرون إن هذا لساحر مبين ﴿٢﴾

---

[1] ਵੇਖੋ ਸੂਰਤ ਅਨ-ਨਿਸਾ, ਹਾਸ਼ੀਆ ਆਇਤ 163/4

128. (ਹੇ ਲੋਕੋ!) ਤੁਹਾਡੇ ਕੋਲ ਇਕ ਅਜਿਹਾ ਪੈਗ਼ੰਬਰ ਆ ਗਿਆ ਹੈ ਜਿਹੜਾ ਤੁਹਾਡੇ ਹੀ ਵਿੱਚੋਂ ਹੈ, ਜਿਹੜਾ ਤੁਹਾਨੂੰ ਹਾਣ ਵਿਚ ਵੇਖਕੇ ਬੜਾ ਦੁਖੀ ਹੁੰਦਾ ਹੈ, ਉਸ ਨੂੰ ਤੁਹਾਡੀ ਭਲਾਈ ਦੀ ਵਧੇਰੇ ਲਾਲਸਾ ਹੈ ਅਤੇ ਈਮਾਨ ਵਾਲਿਆਂ ਲਈ ਅਤਿ ਕੋਮਲ ਚਿੱਤ ਤੇ ਰਹਿਮ ਫ਼ਰਮਾਉਣ ਵਾਲਾ ਹੈ।

لَقَدْ جَاءَكُمْ رَسُولٌ مِّنْ أَنفُسِكُمْ عَزِيزٌ عَلَيْهِ مَا عَنِتُّمْ حَرِيصٌ عَلَيْكُم بِالْمُؤْمِنِينَ رَءُوفٌ رَّحِيمٌ (128)

129. (ਹੇ ਨਬੀ!) ਜੇ ਫੇਰ ਵੀ ਉਹ ਤੁਹਾਥੋਂ ਮੂੰਹ ਮੋੜਣ ਤਾਂ ਤੁਸੀਂ ਕਹਿ ਦਿਓ ਕਿ ਮੇਰੇ ਲਈ ਤਾਂ ਮੇਰਾ ਅੱਲਾਹ ਹੀ ਬਥੇਰਾ ਹੈ ਜਿਸ ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ। ਮੈਂਨੇ ਉਸ 'ਤੇ ਹੀ ਭਰੋਸਾ ਕੀਤਾ ਹੈ ਅਤੇ ਉਹੀਓ ਮਹਾਨ ਰਾਜ-ਸਿੰਘਾਸਨ ਦਾ ਮਾਲਿਕ ਹੈ

فَإِن تَوَلَّوْا فَقُلْ حَسْبِيَ اللَّهُ لَا إِلَٰهَ إِلَّا هُوَ عَلَيْهِ تَوَكَّلْتُ وَهُوَ رَبُّ الْعَرْشِ الْعَظِيمِ (129)

10. ਸੂਰਤ ਯੂਨੁਸ (ਮੱਕੀ-51)

سُورَةُ يُونُس

(ਆਇਤਾਂ 109, ਰੁਕੂਅ 11)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਅਲਿਫ਼, ਲਾਮ, ਰਾ। ਇਹ ਆਇਤਾਂ (ਆਦੇਸ਼) ਹਿਕਮਤ (ਡੂੰਘੀ ਸਿਆਣਪ) ਵਾਲੀ ਕਿਤਾਬ (ਕੁਰਆਨ) ਦੀਆਂ ਹਨ।

الر تِلْكَ آيَاتُ الْكِتَابِ الْحَكِيمِ (1)

2. ਕੀ ਇਹ (ਮੱਕੇ ਦੇ) ਲੋਕਾਂ ਨੂੰ ਇਸ ਗੱਲ ਦੀ ਹੈਰਾਨੀ ਹੈ ਕਿ ਅਸੀਂ ਉਹਨਾਂ ਵਿੱਚੋਂ ਹੀ ਇਕ ਵਿਅਕਤੀ (ਹਜ਼ਰਤ ਮੁਹੰਮਦ) ਵੱਲ ਆਪਣੀ ਵਹੀ ਭੇਜੀ[1] ਕਿ ਉਹ ਸਾਰੇ ਲੋਕਾਂ ਨੂੰ (ਰੱਬ ਦੇ ਅਜ਼ਾਬ ਤੋਂ) ਡਰਾਵੇ ਅਤੇ ਜਿਹੜੇ ਈਮਾਨ ਲੈ ਆਉਣ

أَكَانَ لِلنَّاسِ عَجَبًا أَنْ أَوْحَيْنَا إِلَىٰ رَجُلٍ مِّنْهُمْ أَنْ أَنذِرِ النَّاسَ وَبَشِّرِ الَّذِينَ آمَنُوا أَنَّ لَهُمْ قَدَمَ صِدْقٍ عِندَ رَبِّهِمْ قَالَ الْكَافِرُونَ إِنَّ هَٰذَا لَسَاحِرٌ مُّبِينٌ (2)

[1] ਵੇਖੋ ਸੂਰਤ ਅਨ-ਨਿਸਾ, ਹਾਸ਼ੀਆ ਆਇਤ 163/4

ਉਹਨਾਂ ਨੂੰ (ਸਵਰਗਾਂ ਦੀਆਂ) ਖ਼ੁਸ਼ਖ਼ਬਰੀਆਂ ਸੁਣਾਵੇ। ਬੇਸ਼ੱਕ ਉਹਨਾਂ ਦੇ ਰੱਬ ਕੋਲ ਉਹਨਾਂ ਲਈ ਹੱਕ-ਸੱਚ (ਨੂੰ ਮੰਨਣ ਵਾਲਿਆਂ) ਦਾ ਉੱਚਾ ਮਰਤਬਾ ਹੈ, ਪਰ ਕਾਫ਼ਿਰ ਆਖਦੇ ਹਨ ਕਿ ਇਹ ਵਿਅਕਤੀ (ਮੁਹੰਮਦ ਸ:) ਤਾਂ ਇਕ ਜਾਦੂਗਰ ਹੈ।

إِنَّ رَبَّكُمُ اللَّهُ الَّذِي خَلَقَ السَّمَاوَاتِ وَالْأَرْضَ فِي
سِتَّةِ أَيَّامٍ ثُمَّ اسْتَوَىٰ عَلَى الْعَرْشِ يُدَبِّرُ الْأَمْرَ
مَا مِنْ شَفِيعٍ إِلَّا مِنْ بَعْدِ إِذْنِهِ ذَٰلِكُمُ اللَّهُ رَبُّكُمْ
فَاعْبُدُوهُ أَفَلَا تَذَكَّرُونَ ٣

3 ਹਕੀਕਤ ਇਹ ਹੈ ਕਿ ਤੁਹਾਡਾ ਸਭਨਾਂ ਦਾ ਪਾਲਣਹਾਰ ਉਹ ਅੱਲਾਹ ਹੀ ਹੈ ਜਿਸ ਨੇ ਅਕਾਸ਼ ਤੇ ਧਰਤੀ ਨੂੰ ਛੇ ਦਿਨਾਂ ਵਿਚ ਸਾਜਿਆ 'ਤੇ ਫੇਰ ਅਰਸ਼ 'ਤੇ ਬਿਰਾਜਮਾਨ ਹੋ ਗਿਆ। ਉਹੀਓ ਹਰ ਪ੍ਰਕਾਰ ਦੀ ਹਿਦਾਇਤ ਦਾ ਪ੍ਰਬੰਧ ਕਰਦਾ ਹੈ ਉਸ ਦੀ ਆਗਿਆ ਤੋਂ ਬਿਨਾਂ ਕੋਈ ਉਸ ਦੇ ਕੋਲ ਸਿਫ਼ਾਰਸ਼ ਨਹੀਂ ਕਰ ਸਕਦਾ। ਉਹੀ ਤਾਂ ਅੱਲਾਹ ਤੁਹਾਡਾ ਪਾਲਣਹਾਰ ਹੈ। ਸੋ ਤੁਸੀਂ ਸਾਰੇ ਉਸੇ ਦੀ ਇਬਾਦਤ ਕਰੋ। ਕੀ ਤੁਸੀਂ ਕੁੱਝ ਵੀ ਨਸੀਹਤ ਪ੍ਰਾਪਤ ਨਹੀਂ ਕਰਦੇ?

إِلَيْهِ مَرْجِعُكُمْ جَمِيعًا وَعْدَ اللَّهِ حَقًّا إِنَّهُ يَبْدَأُ
الْخَلْقَ ثُمَّ يُعِيدُهُ لِيَجْزِيَ الَّذِينَ آمَنُوا وَعَمِلُوا
الصَّالِحَاتِ بِالْقِسْطِ وَالَّذِينَ كَفَرُوا لَهُمْ شَرَابٌ
مِنْ حَمِيمٍ وَعَذَابٌ أَلِيمٌ بِمَا كَانُوا يَكْفُرُونَ ٤

4. ਤੁਸੀਂ ਸਭ ਨੇ ਉਸੇ (ਅੱਲਾਹ) ਵੱਲ ਹੀ ਪਰਤਣਾ ਹੈ। ਅੱਲਾਹ ਦਾ ਇਹੋ ਵਾਅਦਾ ਹੈ ਜੋ ਸੱਚਾ ਹੈ। ਬੇਸ਼ੱਕ ਪਹਿਲਾਂ ਵੀ ਉਹੀਓ ਪੈਦਾ ਕਰਦਾ ਹੈ ਫੇਰ ਦੁਬਾਰਾ (ਮਰਨ ਮਗਰੋਂ) ਵੀ ਉਹੀਓ ਜਿਊਂਦਾ ਕਰੇਗਾ ਤਾਂ ਜੋ ਜਿਹੜੇ ਲੋਕ (ਅੱਲਾਹ 'ਤੇ ਅਤੇ ਉਸ ਦੇ ਰਸੂਲ 'ਤੇ) ਈਮਾਨ ਲੈ ਆਏ ਉਹਨਾਂ ਨੂੰ ਉਹਨਾਂ ਵੱਲੋਂ ਕੀਤੇ ਨੇਕ ਕੰਮਾਂ ਦਾ ਇਨਸਾਫ਼ ਅਨੁਸਾਰ ਬਦਲਾ ਦਿੱਤਾ ਜਾਵੇ ਅਤੇ ਜਿਨ੍ਹਾਂ ਨੇ ਕੁਫ਼ਰ (ਇਨਕਾਰ) ਕੀਤਾ ਹੈ, ਉਹਨਾਂ ਨੂੰ ਨਰਕ ਵਿਚ ਪੀਣ ਲਈ ਉੱਬਲਦਾ ਪਾਣੀ ਮਿਲੇਗਾ ਅਤੇ ਕਰੜਾ ਅਜ਼ਾਬ ਹੋਵੇਗਾ। ਇਹ ਸਭ (ਸਜ਼ਾਵਾਂ) ਉਹਨਾਂ ਦੇ ਕੁਫ਼ਰ ਕਾਰਨ ਹੋਵੇਗਾ।

5. ਉਹੀਓ ਹੈ ਜਿਸ ਨੇ ਸੂਰਜ ਨੂੰ ਚਮਕਦਾਰ ਬਣਾਇਆ ਅਤੇ ਚੰਨ ਨੂੰ ਨੂਰ ਦਿੱਤਾ ਅਤੇ ਇਸ (ਚੰਨ ਦੇ ਘਟਣ ਵਧਣ) ਦੀਆਂ ਮੰਜ਼ਿਲਾਂ ਨਿਸ਼ਚਿਤ ਕੀਤੀਆਂ ਤਾਂ ਜੋ ਤੁਸੀਂ ਲੋਕ ਵਰ੍ਹਿਆਂ ਦੀ ਗਿਣਤੀ (ਤੇ ਮਿਤੀਆਂ) ਦਾ ਹਿਸਾਬ ਕਰ ਸਕੋ। ਅੱਲਾਹ ਨੇ ਇਹ ਸਭ ਹੱਕ ਨਾਲ ਸਾਜਿਆ ਹੈ। ਉਹ (ਅੱਲਾਹ) ਆਪਣੀਆਂ ਨਿਸ਼ਾਨੀਆਂ ਨੂੰ ਵਿਸਥਾਰ ਨਾਲ ਉਹਨਾਂ ਲਈ ਪੇਸ਼ ਕਰ ਰਿਹਾ ਹੈ, ਜਿਹੜੇ ਸਮਝ ਬੂਝ ਰੱਖਦੇ ਹਨ।

هُوَ الَّذِي جَعَلَ الشَّمْسَ ضِيَاءً وَالْقَمَرَ نُورًا
وَقَدَّرَهُ مَنَازِلَ لِتَعْلَمُوا عَدَدَ السِّنِينَ
وَالْحِسَابَ ۚ مَا خَلَقَ اللَّهُ ذَٰلِكَ إِلَّا بِالْحَقِّ ۚ
يُفَصِّلُ الْآيَاتِ لِقَوْمٍ يَعْلَمُونَ ٥

6. ਬੇਸ਼ੱਕ ਰਾਤ ਅਤੇ ਦਿਨ ਦੇ ਅੱਗੇ-ਪਿੱਛੇ ਆਉਣ ਵਿਚ ਅਤੇ ਅੱਲਾਹ ਨੇ ਜੋ ਕੁੱਝ ਵੀ ਅਕਾਸ਼ਾਂ ਤੇ ਧਰਤੀ ਵਿਚ ਪੈਦਾ ਕੀਤਾ ਹੈ, ਉਸ ਵਿਚ ਉਹਨਾਂ ਲੋਕਾਂ ਲਈ (ਰੱਬ ਨੂੰ ਮੰਨਣ ਲਈ) ਦਲੀਲਾਂ ਹਨ ਜਿਹੜੇ ਬੁਰਾਈਆਂ ਤੋਂ ਬਚਣਾ ਚਾਹੁੰਦੇ ਹਨ।

إِنَّ فِي اخْتِلَافِ اللَّيْلِ وَالنَّهَارِ وَمَا خَلَقَ اللَّهُ فِي
السَّمَاوَاتِ وَالْأَرْضِ لَآيَاتٍ لِقَوْمٍ يَتَّقُونَ ٦

7. ਜਿਨ੍ਹਾਂ ਲੋਕਾਂ ਨੂੰ ਸਾਡੇ ਨਾਲ ਮਿਲਣ ਦੀ ਆਸ ਨਹੀਂ ਉਹ ਸੰਸਾਰਿਕ ਜੀਵਨ ਉੱਤੇ ਹੀ ਰਾਜ਼ੀ ਹਨ ਅਤੇ ਇਸ ਵਿਚ ਹੀ ਸੰਤੁਸ਼ਟ ਹਨ ਅਤੇ ਸਾਡੀਆਂ ਆਇਤਾਂ (ਹੁਕਮਾਂ) ਤੋਂ ਅਣਗਹਿਲੀਆਂ ਕਰਦੇ ਹਨ।

إِنَّ الَّذِينَ لَا يَرْجُونَ لِقَاءَنَا وَرَضُوا بِالْحَيَاةِ الدُّنْيَا
وَاطْمَأَنُّوا بِهَا وَالَّذِينَ هُمْ عَنْ آيَاتِنَا غَافِلُونَ ٧

8. ਅਜਿਹੇ ਲੋਕਾਂ ਦਾ ਟਿਕਾਣਾ ਨਰਕ ਹੈ, ਉਹਨਾਂ ਬੁਰਾਈਆਂ ਦੇ ਬਦਲੇ ਵਿਚ ਜਿਹੜੀਆਂ ਉਹ ਕਰਦੇ ਸਨ।

أُولَٰئِكَ مَأْوَاهُمُ النَّارُ بِمَا كَانُوا يَكْسِبُونَ ٨

9. ਜਿਹੜੇ ਲੋਕ (ਰੱਬ ਅਤੇ ਰਸੂਲਾਂ 'ਤੇ) ਈਮਾਨ ਲਿਆਏ ਅਤੇ ਉਹਨਾਂ ਨੇ ਚੰਗੇ ਕੰਮ ਵੀ ਕੀਤੇ ਉਹਨਾਂ ਦਾ ਰੱਬ ਉਹਨਾਂ ਦੇ ਈਮਾਨ ਕਾਰਨ ਉਹਨਾਂ ਨੂੰ ਨਿਆਮਤਾਂ ਭਰੇ ਬਾਗ਼ਾਂ ਵਿਚ ਪਹੁੰਚਾ ਦੇਵੇਗਾ ਜਿਨ੍ਹਾਂ ਦੇ ਹੇਠ ਨਹਿਰਾਂ ਵਗ ਰਹੀਆਂ ਹੋਣਗੀਆਂ।

إِنَّ الَّذِينَ آمَنُوا وَعَمِلُوا الصَّالِحَاتِ يَهْدِيهِمْ
رَبُّهُمْ بِإِيمَانِهِمْ ۖ تَجْرِي مِنْ تَحْتِهِمُ الْأَنْهَارُ
فِي جَنَّاتِ النَّعِيمِ ٩

10. ਇਸ (ਜੰਨਤ) ਵਿਚ ਉਹ ਪੁਕਾਰਣਗੇ, ਹੇ ਅੱਲਾਹ! ਤੂੰ (ਹਰ ਐਬ) ਤੋਂ ਪਾਕ ਹੈ। ਉਹਨਾਂ ਦੀ ਦੁਆ ਸਲਾਮਤੀ ਵਾਲੀ ਹੋਵੇਗੀ ਅਤੇ ਅੰਤ ਵਿਚ ਇਹੋ ਆਖਣਗੇ ਕਿ ਸਾਰੀਆਂ ਤਾਰੀਫ਼ਾਂ ਉਸ ਅੱਲਾਹ ਲਈ ਹਨ ਜਿਹੜਾ ਸਾਰੀ ਸ੍ਰਿਸ਼ਟੀ ਦਾ ਰੱਬ ਹੈ।

دَعْوٰىهُمْ فِيْهَا سُبْحٰنَكَ اللّٰهُمَّ وَتَحِيَّتُهُمْ فِيْهَا
سَلٰمٌ ۚ وَاٰخِرُ دَعْوٰىهُمْ اَنِ الْحَمْدُ لِلّٰهِ رَبِّ
الْعٰلَمِيْنَ ﴿١٠﴾

11. ਜੇਕਰ ਅੱਲਾਹ ਲੋਕਾਂ ਨੂੰ ਬੁਰਾਈ (ਅਜ਼ਾਬ) ਦੇਣ ਵਿਚ ਵੀ ਛੇਤੀ ਕਰਦਾ, ਜਿਵੇਂ ਉਹ (ਸੰਸਾਰਿਕ) ਲਾਭ ਲਈ ਛੇਤੀ ਕਰਦੇ ਹਨ, ਤਾਂ ਉਹਨਾਂ ਦਾ ਨਿਸ਼ਚਿਤ ਸਮਾਂ ਕਦੋਂ ਦਾ ਪੂਰਾ ਹੋ ਗਿਆ ਹੁੰਦਾ। ਸੋ ਅਸੀਂ ਉਹਨਾਂ ਲੋਕਾਂ ਨੂੰ ਜਿਨ੍ਹਾਂ ਨੂੰ ਸਾਡੇ ਕੋਲ ਆਉਣ ਦਾ ਵਿਸ਼ਵਾਸ ਨਹੀਂ, ਉਹਨਾਂ ਦੇ ਹਾਲ 'ਤੇ ਹੀ ਛੱਡ ਦਿੰਦੇ ਹਾਂ ਤਾਂ ਜੋ ਆਪਣੀ ਸਰਕਸ਼ੀ ਵਿਚ ਭਟਕਦੇ ਫਿਰਦੇ ਰਹਿਣ।

وَلَوْ يُعَجِّلُ اللّٰهُ لِلنَّاسِ الشَّرَّ اسْتِعْجَالَهُمْ بِالْخَيْرِ
لَقُضِيَ اِلَيْهِمْ اَجَلُهُمْ ۗ فَنَذَرُ الَّذِيْنَ لَا يَرْجُوْنَ
لِقَآءَنَا فِيْ طُغْيَانِهِمْ يَعْمَهُوْنَ ﴿١١﴾

12 ਜਦੋਂ ਮਨੁੱਖ ਨੂੰ ਕੋਈ ਤਕਲੀਫ਼ ਮੁਸੀਬਤ (ਬਿਪਤਾ) ਪਹੁੰਚਦੀ ਹੈ ਤਾਂ ਉਹ ਸਾਨੂੰ ਖੜ੍ਹੇ, ਬੈਠੇ ਅਤੇ ਪਿਆ ਪਿਆ ਬੇਨਤੀਆਂ ਕਰਦਾ ਹੈ। ਜਦੋਂ ਅਸੀਂ (ਅੱਲਾਹ) ਉਸ ਦੀ ਤਕਲੀਫ਼ (ਬਿਪਤਾ) ਨੂੰ ਦੂਰ ਕਰ ਦਿੰਦੇ ਹਾਂ ਤਾਂ ਉਹ ਇੰਜ ਹੋ ਜਾਂਦਾ ਹੈ ਜਿਵੇਂ ਉਸ ਨੂੰ ਤਕਲੀਫ਼ ਹੋਣ 'ਤੇ ਕਦੇ ਸਾਨੂੰ ਸੱਦਿਆ ਹੀ ਨਹੀਂ ਸੀ। ਇਸ ਤਰ੍ਹਾਂ ਹੱਦੋਂ ਟੱਪਣ ਵਾਲਿਆਂ ਦੇ (ਭੈੜੇ) ਅਮਲਾਂ ਨੂੰ ਉਹਨਾਂ ਲਈ ਸੋਹਣਾ ਜਾਪਦਾ ਬਣਾ ਦਿੱਤਾ ਗਿਆ ਹੈ।

وَاِذَا مَسَّ الْاِنْسَانَ الضُّرُّ دَعَانَا لِجَنْۢبِهٖٓ اَوْ قَاعِدًا
اَوْ قَآئِمًا ۚ فَلَمَّا كَشَفْنَا عَنْهُ ضُرَّهٗ مَرَّ كَاَنْ
لَّمْ يَدْعُنَآ اِلٰى ضُرٍّ مَّسَّهٗ ۗ كَذٰلِكَ زُيِّنَ
لِلْمُسْرِفِيْنَ مَا كَانُوْا يَعْمَلُوْنَ ﴿١٢﴾

13. (ਹੇ ਲੋਕੋ!) ਅਸੀਂ ਤੁਹਾਥੋਂ ਪਹਿਲਾਂ ਕਈਆਂ ਕੌਮਾਂ ਨੂੰ ਹਲਾਕ ਕਰ ਚੁੱਕੇ ਹਾਂ, ਕਿਉਂ ਜੋ ਉਹ ਰਸੂਲਾਂ ਨਾਲ ਜ਼ੁਲਮ ਕਰਦੇ ਸੀ। ਜਦ ਕਿ ਉਹ ਪੈਗ਼ੰਬਰ ਉਹਨਾਂ ਕੋਲ (ਰੱਬ ਵੱਲੋਂ ਨਬੀ ਹੋਣ ਦੀਆਂ) ਨਿਸ਼ਾਨੀਆਂ ਵੀ ਲੈ ਕੇ ਆਏ ਪਰ ਉਹ

وَلَقَدْ اَهْلَكْنَا الْقُرُوْنَ مِنْ قَبْلِكُمْ لَمَّا ظَلَمُوْا ۙ
وَجَآءَتْهُمْ رُسُلُهُمْ بِالْبَيِّنٰتِ وَمَا كَانُوْا لِيُؤْمِنُوْا ۚ
كَذٰلِكَ نَجْزِى الْقَوْمَ الْمُجْرِمِيْنَ ﴿١٣﴾

ਫੇਰ ਵੀ ਈਮਾਨ ਨਹੀਂ ਲਿਆਏ ਅਸੀਂ ਇਸੇ ਤਰ੍ਹਾਂ ਜ਼ਾਲਮਾਂ ਨੂੰ ਸਜ਼ਾ ਦਿਆ ਕਰਦੇ ਹਾਂ।

14. ਫੇਰ ਉਹਨਾਂ ਮਗਰੋਂ ਅਸੀਂ ਤੁਹਾਨੂੰ ਧਰਤੀ ਦਾ ਖ਼ਲੀਫ਼ਾ (ਜਾਨ-ਨਸ਼ੀਨ) ਬਣਾਇਆ ਤਾਂ ਜੋ ਅਸੀਂ ਵੇਖੀਏ ਕਿ ਤੁਸੀਂ ਕੀ ਕਰਦੇ ਹੋ?

ثُمَّ جَعَلْنٰكُمْ خَلٰٓئِفَ فِي الْاَرْضِ مِنْۢ بَعْدِهِمْ لِنَنْظُرَ كَيْفَ تَعْمَلُوْنَ ﴿١٤﴾

15. ਅਤੇ ਜਦੋਂ ਉਹਨਾਂ ਦੇ ਸਾਹਮਣੇ ਸਾਡੀਆਂ ਸਪਸ਼ਟ (ਕੁਰਆਨ ਦੀਆਂ) ਆਇਤਾਂ ਪੜ੍ਹੀਆਂ ਜਾਂਦੀਆਂ ਹਨ ਤਾਂ ਉਹ ਲੋਕੀ ਜਿਨ੍ਹਾਂ ਨੂੰ (ਮਰਨ ਮਗਰੋਂ) ਸਾਡੇ ਨਾਲ ਮਿਲਣ ਦੀ ਆਸ ਨਹੀਂ ਉਹ ਆਖਦੇ ਹਨ ਕਿ ਇਸ ਕੁਰਆਨ ਨੂੰ ਛੱਡ ਕੇ ਕੋਈ ਹੋਰ ਕੁਰਆਨ ਲਿਆਓ ਜਾਂ ਇਸ ਵਿਚ ਕੁੱਝ ਬਦਲਾਓ ਕਰੋ। (ਹੇ ਮੁਹੰਮਦ ਸ:!) ਤੁਸੀਂ ਆਖ ਦਿਓ ਕਿ ਮੈਨੂੰ ਇਹ ਅਧਿਕਾਰ ਨਹੀਂ ਕਿ ਮੈਂ ਇਸ (ਕੁਰਆਨ) ਵਿਚ ਆਪਣੇ ਵੱਲੋਂ ਕੋਈ ਤਬਦੀਲੀ ਕਰ ਸਕਾਂ, ਮੈਂ ਤਾਂ ਉਸ (ਕੁਰਆਨ) ਦੀ ਪੈਰਵੀ ਕਰਦਾ ਹਾਂ ਜਿਹੜੀ ਵਹੀ ਮੇਰੇ ਵੱਲ ਭੇਜੀ ਜਾਂਦੀ ਹੈ। ਜੇ ਮੈਂ (ਭਾਵ ਮੁਹੰਮਦ) ਆਪਣੇ ਰੱਬ ਦੀ ਨਾ-ਫ਼ਰਮਾਨੀ ਕਰਾਂਗਾ ਤਾਂ ਮੈਨੂੰ ਉਸ ਵੱਡੇ (ਕਿਆਮਤ) ਦਿਹਾੜੇ ਦੇ ਅਜ਼ਾਬ ਤੋਂ ਡਰ ਲੱਗਦਾ ਹੈ।

وَاِذَا تُتْلٰى عَلَيْهِمْ اٰيَاتُنَا بَيِّنٰتٍ ۙ قَالَ الَّذِيْنَ لَا يَرْجُوْنَ لِقَآءَنَا ائْتِ بِقُرْاٰنٍ غَيْرِ هٰذَآ اَوْ بَدِّلْهُ ؕ قُلْ مَا يَكُوْنُ لِيْٓ اَنْ اُبَدِّلَهٗ مِنْ تِلْقَآئِ نَفْسِيْ ۚ اِنْ اَتَّبِعُ اِلَّا مَا يُوْحٰٓى اِلَيَّ ۚ اِنِّيْٓ اَخَافُ اِنْ عَصَيْتُ رَبِّيْ عَذَابَ يَوْمٍ عَظِيْمٍ ﴿١٥﴾

16 (ਹੇ ਨਬੀ!) ਤੁਸੀਂ ਆਖੋ ਕਿ ਜੇ ਅੱਲਾਹ ਦੀ ਇੱਛਾ ਇਹੋ ਹੁੰਦੀ ਤਾਂ ਨਾ ਮੈਂ ਤੁਹਾਨੂੰ ਇਹ (ਕੁਰਆਨ) ਪੜ੍ਹ ਕੇ ਸੁਣਾਉਂਦਾ ਅਤੇ ਨਾ ਹੀ ਅੱਲਾਹ ਤੁਹਾਨੂੰ ਇਸ ਬਾਰੇ ਕੋਈ ਜਾਣਕਾਰੀ ਦਿੰਦਾ। ਮੈਂ ਤਾਂ (ਇਸ ਕੁਰਆਨ ਸੁਣਾਉਣ ਤੋਂ ਪਹਿਲਾਂ ਵੀ) ਤੁਹਾਡੇ ਵਿਚ ਇਕ ਉਮਰ ਬਿਤਾ ਚੁੱਕਿਆ ਹਾਂ। ਕੀ ਤੁਸੀਂ ਅਕਲ ਤੋਂ ਕੰਮ ਨਹੀਂ ਲੈਂਦੇ?

قُلْ لَّوْ شَآءَ اللّٰهُ مَا تَلَوْتُهٗ عَلَيْكُمْ وَلَآ اَدْرٰىكُمْ بِهٖ ۖ فَقَدْ لَبِثْتُ فِيْكُمْ عُمُرًا مِّنْ قَبْلِهٖ ۗ اَفَلَا تَعْقِلُوْنَ ﴿١٦﴾

فَمَنْ أَظْلَمُ مِمَّنِ افْتَرَىٰ عَلَى اللَّهِ كَذِبًا أَوْ كَذَّبَ
بِآيَاتِهِ ۚ إِنَّهُ لَا يُفْلِحُ الْمُجْرِمُونَ ﴿١٧﴾

17. ਉਸ ਵਿਅਕਤੀ ਤੋਂ ਵੱਡਾ ਜ਼ਾਲਮ ਹੋਰ ਕੌਣ ਹੋਵੇਗਾ ਜਿਹੜਾ ਅੱਲਾਹ 'ਤੇ ਝੂਠ ਘੜੇ ਜਾਂ ਉਸ ਦੀਆਂ ਆਇਤਾਂ (ਕੁਰਆਨ) ਨੂੰ ਝੂਠ ਦੱਸੇ? ਬੇਸ਼ੱਕ ਅਪਰਾਧੀਆਂ ਨੂੰ ਕਦੇ ਵੀ ਸਫ਼ਲਤਾ ਨਹੀਂ ਮਿਲਦੀ।

وَيَعْبُدُونَ مِن دُونِ اللَّهِ مَا لَا يَضُرُّهُمْ
وَلَا يَنفَعُهُمْ وَيَقُولُونَ هَٰؤُلَاءِ شُفَعَاؤُنَا
عِندَ اللَّهِ ۚ قُلْ أَتُنَبِّئُونَ اللَّهَ بِمَا لَا يَعْلَمُ
فِي السَّمَاوَاتِ وَلَا فِي الْأَرْضِ ۚ سُبْحَانَهُ وَتَعَالَىٰ
عَمَّا يُشْرِكُونَ ﴿١٨﴾

18. ਅਤੇ ਇਹ (ਮੁਸ਼ਰਿਕ) ਅੱਲਾਹ ਨੂੰ ਛੱਡ ਕੇ ਉਹਨਾਂ ਦੀ ਪੂਜਾ ਕਰਦੇ ਹਨ ਜਿਹੜੇ ਨਾ ਇਹਨਾਂ ਨੂੰ ਕੋਈ ਹਾਨੀ ਪਹੁੰਚਾ ਸਕਦੇ ਹਨ ਤੇ ਨਾ ਹੀ ਕੋਈ ਲਾਭ ਪਹੁੰਚਾ ਸਕਣ, ਅਤੇ ਆਖਦੇ ਇਹ ਹਨ ਕਿ ਇਹ (ਸਾਡੇ ਇਸ਼ਟ) ਅੱਲਾਹ ਕੋਲ ਸਾਡੀ ਸਿਫ਼ਾਰਸ਼ ਕਰਨਗੇ। (ਹੇ ਨਬੀ!) ਤੁਸੀਂ ਕਹਿ ਦਿਓ, ਕੀ ਤੁਸੀਂ ਅੱਲਾਹ ਨੂੰ ਉਹ ਗੱਲਾਂ ਦਸ ਰਹੇ ਹੋ ਜਿਨ੍ਹਾਂ ਨੂੰ ਉਹ ਨਾ ਅਕਾਸ਼ਾਂ ਵਿਚ ਜਾਣਦਾ ਹੈ ਤੇ ਨਾ ਹੀ ਧਰਤੀ ਵਿਚ? ਉਹ (ਅੱਲਾਹ) ਪਾਕ ਤੇ ਉੱਚਾ ਹੈ, ਉਹਨਾਂ ਤੋਂ ਜਿਨ੍ਹਾਂ ਨੂੰ ਉਸ ਦਾ ਸ਼ਰੀਕ ਬਣਾਉਂਦੇ ਹਨ।

وَمَا كَانَ النَّاسُ إِلَّا أُمَّةً وَاحِدَةً فَاخْتَلَفُوا ۚ
وَلَوْلَا كَلِمَةٌ سَبَقَتْ مِن رَّبِّكَ لَقُضِيَ بَيْنَهُمْ
فِيمَا فِيهِ يَخْتَلِفُونَ 19

19. ਪਹਿਲਾਂ ਸਾਰੇ ਹੀ ਲੋਕੀ ਇਕ ਹੀ ਉੱਮਤ (ਗਰੋਹ) ਸੀ[1] ਫੇਰ ਇਹਨਾਂ ਵਿਚ ਮਤਭੇਦ ਹੋ ਗਏ। ਜੇ ਤੁਹਾਡੇ ਰੱਬ ਵੱਲੋਂ ਪਹਿਲਾਂ ਹੀ ਇਕ ਗੱਲ ਨਿਸ਼ਚਿਤ ਨਾ ਕੀਤੀ ਹੁੰਦੀ ਤਾਂ ਜਿਨ੍ਹਾਂ ਗੱਲਾਂ ਵਿਚ (ਭਾਵ ਇਕ ਰੱਬ ਦੀ ਹੋਂਦ ਵਿਚ, ਰਸੂਲਾਂ ਵਿਚ ਤੇ ਕਿਆਮਤ ਦੇ ਦਿਹਾੜੇ ਵਿਚ) ਇਹ ਮਤਭੇਦ ਕਰ ਰਹੇ ਹਨ, ਉਸ ਦਾ ਫ਼ੈਸਲਾ ਕਦੋਂ ਦਾ ਹੋ ਗਿਆ ਹੁੰਦਾ।

---

1 ਹਰ ਵਿਅਕਤੀ ਹਿਦਾਇਤ ਉੱਤੇ ਪੈਦਾ ਹੁੰਦਾ ਹੈ। ਭਾਵ ਸਾਰੇ ਹੀ ਇਕ ਉੱਮਤ ਹਨ, ਜਿਵੇਂ ਹਦੀਸ ਤੋਂ ਸਿੱਧ ਹੁੰਦਾ ਹੈ ਕਿ ਨਬੀ (ਸ:) ਨੇ ਫ਼ਰਮਾਇਆ ਕਿ ਹਰ ਬੱਚਾ ਫ਼ਿਤਰਤ (ਪ੍ਰਕਿਰਤੀ) ਉੱਤੇ ਪੈਦਾ ਹੁੰਦਾ ਹੈ, ਫਿਰ ਉਸ ਦੇ ਮਾਪੇ ਉਸ ਨੂੰ ਯਹੂਦੀ, ਨਸਰਾਨੀ ਜਾਂ ਮਜੂਸੀ ਬਣਾ ਦਿੰਦੇ ਹਨ। ਜਿਵੇਂ ਇਕ ਜਾਨਵਰ ਸਹੀ ਸਲਾਮਤ ਬੱਚਾ ਜਣਦਾ ਹੈ, ਕੀ ਤੁਸੀਂ ਉਸ ਦੇ ਕੰਨ ਵੱਢੇ ਹੋਏ ਵੇਖਦੇ ਹੋ? (ਸਹੀ ਬੁਖ਼ਾਰੀ, ਹਦੀਸ: 1385)

وَيَقُولُونَ لَوْلَا أُنزِلَ عَلَيْهِ آيَةٌ مِّن رَّبِّهِ ۖ
فَقُلْ إِنَّمَا الْغَيْبُ لِلَّهِ فَانتَظِرُوا إِنِّي مَعَكُم
مِّنَ الْمُنتَظِرِينَ ﴿٢٠﴾

20. ਇਹ ਕਾਫ਼ਿਰ ਲੋਕ ਆਖਦੇ ਹਨ ਕਿ ਇਸ (ਮੁਹੰਮਦ ਸ.) 'ਤੇ ਰੱਬ ਵੱਲੋਂ (ਨਬੀ ਹੋਣ ਦੀ) ਕੋਈ ਨਿਸ਼ਾਨੀ ਕਿਉਂ ਨਹੀਂ ਉਤਾਰੀ ਗਈ? ਤਾਂ (ਹੇ ਨਬੀ!) ਤੁਸੀਂ ਆਖ ਦਿਓ ਕਿ ਗ਼ੈਬ (ਪਰੋਖ) ਦਾ ਗਿਆਨ ਤਾਂ ਕੇਵਲ ਅੱਲਾਹ ਨੂੰ ਹੀ ਹੈ, ਸੋ ਤੁਸੀਂ ਵੀ ਉਡੀਕ ਕਰੋ ਮੈਂ ਵੀ ਉਡੀਕ ਕਰਦਾ ਹਾਂ।

وَإِذَا أَذَقْنَا النَّاسَ رَحْمَةً مِّن بَعْدِ ضَرَّاءَ مَسَّتْهُمْ
إِذَا لَهُم مَّكْرٌ فِي آيَاتِنَا ۚ قُلِ اللَّهُ أَسْرَعُ مَكْرًا ۚ
إِنَّ رُسُلَنَا يَكْتُبُونَ مَا تَمْكُرُونَ ﴿٢١﴾

21 ਜਦੋਂ ਅਸੀਂ ਉਹਨਾਂ (ਕਾਫ਼ਿਰਾਂ) ਨੂੰ ਕਿਸੇ ਬਿਪਤਾ ਮਗਰੋਂ ਆਪਣੀ ਮਿਹਰ ਦਾ ਸੁਆਦ ਚਖਾਉਂਦੇ ਹਾਂ ਤਾਂ ਉਹ ਝੱਟ ਸਾਡੀਆਂ ਆਇਤਾਂ (ਹੁਕਮਾਂ) ਪ੍ਰਤੀ ਚਾਲਬਾਜ਼ੀਆਂ ਸ਼ੁਰੂ ਕਰ ਦਿੰਦੇ ਹਨ।[1] (ਹੇ ਨਬੀ!) ਉਹਨਾਂ ਨੂੰ ਆਖੋ ਕਿ ਅੱਲਾਹ ਤੁਹਾਥੋਂ ਕਿਤੇ ਵੱਧ ਚਾਲਾਂ ਚੱਲਣ ਵਿਚ ਤੇਜ਼ ਹੈ। ਬੇਸ਼ੱਕ ਸਾਡੇ ਫ਼ਰਿਸ਼ਤੇ ਤੁਹਾਡੀਆਂ ਸਾਰੀਆਂ ਚਾਲਬਾਜ਼ੀਆਂ ਨੂੰ ਲਿਖ ਰਹੇ [illegible]

هُوَ الَّذِي يُسَيِّرُكُمْ فِي الْبَرِّ وَالْبَحْرِ ۖ حَتَّىٰ
إِذَا كُنتُمْ فِي الْفُلْكِ وَجَرَيْنَ بِهِم بِرِيحٍ طَيِّبَةٍ
وَفَرِحُوا بِهَا جَاءَتْهَا رِيحٌ عَاصِفٌ وَجَاءَهُمُ
الْمَوْجُ مِن كُلِّ مَكَانٍ وَظَنُّوا أَنَّهُمْ أُحِيطَ بِهِمْ ۙ
دَعَوُا اللَّهَ مُخْلِصِينَ لَهُ الدِّينَ لَئِنْ أَنجَيْتَنَا
مِنْ هَٰذِهِ لَنَكُونَنَّ مِنَ الشَّاكِرِينَ ﴿٢٢﴾

22. ਉਹ ਅੱਲਾਹ ਹੀ ਹੈ ਜਿਹੜਾ ਤੁਹਾਨੂੰ ਥਲ ਤੇ ਜਲ ਵਿਚ ਤੋਰਦਾ ਹੈ ਇੱਥੋਂ ਤਕ ਕਿ ਜਦੋਂ ਤੁਸੀਂ ਕਿਸ਼ਤੀਆਂ ਵਿਚ ਹੁੰਦੇ ਹੋ ਅਤੇ ਉਹ ਬੇੜੀਆਂ ਲੋਕਾਂ ਨੂੰ ਹਵਾਂ ਦੇ ਅਨੁਕੂਲ ਲੈਕੇ ਚਲਦੀਆਂ ਹਨ ਅਤੇ ਤਾਂ ਉਸ ਵੇਲੇ ਇਹਨਾਂ (ਹਵਾਵਾਂ) ਤੋਂ ਸਾਰੇ ਲੋਕ ਖ਼ੁਸ਼ ਹੁੰਦੇ ਹਨ। ਪਰ ਅਚਣਚੇਤ ਉਹਨਾਂ ਉੱਤੇ ਇਕ ਤੇਜ਼ ਹਵਾ ਦਾ ਝੱਖੜ ਆਉਂਦਾ ਹੈ ਅਤੇ ਹਰ ਪਾਸਿਓਂ ਉਹਨਾਂ 'ਤੇ ਲਹਿਰਾਂ ਦੀਆਂ ਥਪੇੜਾਂ ਪੈਣ ਲੱਗਦੀਆਂ ਹਨ ਅਤੇ ਇਹ ਸਮਝਦੇ ਹਨ ਕਿ ਹੁਣ ਅਸੀਂ (ਤੂਫ਼ਾਨ ਵਿਚ) ਫਸ ਗਏ, ਉਸ ਸਮੇਂ ਸਾਰੇ ਹੀ ਸਵਾਰ ਕੇਵਲ ਤੇ ਕੇਵਲ ਅੱਲਾਹ ਨੂੰ ਹੀ ਬੇਨਤੀਆਂ ਕਰਦੇ ਹਨ ਕਿ ਜੇ ਤੂੰ ਸਾਨੂੰ ਇਸ

---

[1] ਵੇਖੋ ਸੂਰਤ ਅਲ-ਅਨਆਮ, ਹਾਸ਼ੀਆ ਆਇਤ 66/6

ਬਿਪਤਾ ਤੋਂ ਬਚਾ ਲਵੇਂ ਤਾਂ ਅਸੀਂ ਤੇਰੇ ਸ਼ੁਕਰ ਗੁਜ਼ਾਰ ਬੰਦੇ ਬਣਕੇ ਰਹਾਂਗੇ।[1]

23 ਜਦੋਂ ਉਹ (ਅੱਲਾਹ) ਉਹਨਾਂ ਨੂੰ ਬਚਾ ਲੈਂਦਾ ਹੈ ਤਾਂ ਫੇਰ ਉਹੀਓ ਲੋਕ ਧਰਤੀ ਉੱਤੇ ਅਣਹੋਂਦੀ ਸਰਕਸ਼ੀ ਕਰਨ ਲੱਗ ਜਾਂਦੇ ਹਨ। ਹੇ ਲੋਕੋ! ਤੁਹਾਡੀ ਇਹ ਸਰਕਸ਼ੀ ਤੁਹਾਡੇ ਆਪਣੇ ਹੀ ਵਿਰੁੱਧ ਹੈ, ਤੁਸੀਂ ਸੰਸਾਰਿਕ ਜੀਵਨ ਦਾ ਆਨੰਦ ਮਾਣੋ ਅਤੇ ਤੁਸੀਂ ਸਾਡੇ ਵੱਲ ਹੀ ਪਰਤ ਕੇ ਆਉਣਾ ਹੈ ਉਸ ਸਮੇਂ ਅਸੀਂ ਦੱਸਾਂਗੇ ਕਿ ਤੁਸੀਂ ਕੀ ਕਰਦੇ ਸੀ।

فلما انجاهم اذا هم يبغون في الارض بغير الحق
يا ايها الناس انما بغيكم على انفسكم متاع
الحياة الدنيا ثم الينا مرجعكم فننبئكم
بما كنتم تعملون 23

24 ਸੰਸਾਰਿਕ ਜੀਵਨ ਦੀ ਮਿਸਾਲ ਤਾਂ ਮੀਂਹ ਵਾਂਗ ਹੈ, ਜਿਸ ਨੂੰ ਅਸੀਂ ਅਕਾਸ਼ ਤੋਂ ਬਰਸਾਇਆ ਜਿਸ ਤੋਂ ਧਰਤੀ ਦੀ ਪੈਦਾਵਾਰ ਹੋਈ ਜਿਸ ਨੂੰ ਮਨੁੱਖ ਤੇ ਪਸ਼ੂ ਖਾਂਦੇ ਹਨ। ਜਦੋਂ ਧਰਤੀ ਆਪਣੀ ਬਹਾਰ ਤੇ ਆਈ ਅਤੇ ਫ਼ਸਲਾਂ ਤਿਆਰ ਖਲੋਤੀਆਂ ਸਨ ਅਤੇ ਧਰਤੀ ਦੇ ਮਾਲਿਕਾਂ ਨੇ ਸਮਝਿਆ ਕਿ ਹੁਣ ਉਹ ਇਸ (ਫ਼ਸਲ ਤੋਂ ਲਾਭ ਉਠਾਉਣ) ਦੇ ਸਮਰਥ ਹਨ ਤਾਂ ਸਾਡਾ ਹੁਕਮ (ਅਜ਼ਾਬ ਦਾ) ਰਾਤੀ ਜਾਂ ਦਿਨੇ ਅਚਣਚੇਤ ਆ ਗਿਆ ਅਤੇ ਅਸੀਂ ਉਸ ਨੂੰ ਇਉਂ ਨਸ਼ਟ ਕਰ ਦਿੱਤਾ ਜਿਵੇਂ ਕੱਲ੍ਹ ਉੱਥੇ ਕੁੱਝ ਹੈ ਹੀ ਨਹੀਂ ਸੀ। ਅਸੀਂ ਆਪਣੀਆਂ ਆਇਤਾਂ (ਨਿਸ਼ਾਨੀਆਂ) ਨੂੰ ਇਸੇ ਤਰ੍ਹਾਂ ਖੋਲ੍ਹ-ਖੋਲ੍ਹ ਕੇ ਬਿਆਨ ਕਰਦੇ ਹਾਂ, ਉਹਨਾਂ ਲੋਕਾਂ ਲਈ ਜਿਹੜੇ ਸੂਝ-ਬੂਝ ਰੱਖਦੇ ਹਨ।

انما مثل الحياة الدنيا كماء انزلناه من
السماء فاختلط به نبات الارض مما ياكل
الناس والانعام حتى اذا اخذت الارض
زخرفها وازينت وظن اهلها انهم قادرون
عليها اتاها امرنا ليلا او نهارا فجعلناها
حصيدا كان لم تغن بالامس كذلك نفصل
الايات لقوم يتفكرون 24

25. ਅੱਲਾਹ ਸਲਾਮਤੀ ਵਾਲੇ ਘਰ (ਭਾਵ ਜੰਨਤ) ਵੱਲ ਤੁਹਾਨੂੰ ਬੁਲਾਉਂਦਾ ਹੈ ਅਤੇ ਜਿਸ ਨੂੰ ਵੀ ਚਾਹੁੰਦਾ ਹੈ ਸਿੱਧੇ ਰਾਹ ਪਾ ਦਿੰਦਾ ਹੈ।

والله يدعوا الى دار السلام ويهدي
من يشاء الى صراط مستقيم 25

[1] ਵੇਖੋ ਸੂਰਹ ਬਨੀ ਇਸਰਾਈਲ, ਹਾਸ਼ੀਆ ਆਇਤ 67/17

26. ਜਿਨ੍ਹਾਂ ਨੇ ਨੇਕੀਆਂ ਕੀਤੀਆਂ ਹਨ ਉਹਨਾਂ ਲਈ ਭਲਾਈ ਹੀ ਭਲਾਈ ਹੈ ਤੇ (ਦੀਦਾਰੇ ਇਲਾਹੀ ਵਰਗੇ) ਹੋਰ ਵੀ ਵਧੇਰੇ ਇਨਾਮ ਹਨ। ਉਹਨਾਂ ਦੇ ਚਿਹਰਿਆਂ 'ਤੇ ਕੋਈ ਕਾਲਖ ਤੇ ਰੁਸਵਾਈ ਨਹੀਂ ਹੋਵੇਗੀ। ਇਹੋ ਲੋਕ ਜੰਨਤੀ ਹਨ ਜਿੱਥੇ ਉਹ ਸਦਾ ਲਈ ਰਹਿਣਗੇ।

لِّلَّذِينَ أَحْسَنُوا الْحُسْنَىٰ وَزِيَادَةٌ ۖ وَلَا يَرْهَقُ
وُجُوهَهُمْ قَتَرٌ وَلَا ذِلَّةٌ ۚ أُولَٰئِكَ أَصْحَابُ
الْجَنَّةِ ۖ هُمْ فِيهَا خَالِدُونَ ﴿٢٦﴾

27. ਅਤੇ ਜਿਨ੍ਹਾਂ ਨੇ ਭੈੜੇ ਕੰਮ ਕੀਤੇ ਉਹਨਾਂ ਨੂੰ ਬੁਰਾਈ ਦਾ ਬਦਲਾ ਉਸੇ ਬੁਰਾਈ ਦੇ ਬਰਾਬਰ ਹੀ ਮਿਲੇਗਾ ਅਤੇ ਹੀਣਤਾ ਉਹਨਾਂ 'ਤੇ ਛਾਈ ਹੋਈ ਹੋਵੇਗੀ। ਉਹਨਾਂ ਨੂੰ ਅੱਲਾਹ ਦੇ ਅਜ਼ਾਬ ਤੋਂ ਬਚਾਉਣ ਵਾਲਾ ਕੋਈ ਨਹੀਂ ਹੋਵੇਗਾ। ਇੰਜ ਲੱਗੇਗਾ ਜਿਵੇਂ ਉਹਨਾਂ ਦੇ ਚਿਹਰਿਆਂ 'ਤੇ ਰਾਤ ਦੇ ਕਾਲੇ ਪੜਦੇ ਪਏ ਹੋਏ ਹੋਣ। ਇਹੋ ਲੋਕ ਨਰਕੀ ਹਨ ਜਿੱਥੇ ਉਹ ਸਦਾ ਲਈ ਰਹਿਣਗੇ।

وَالَّذِينَ كَسَبُوا السَّيِّئَاتِ جَزَاءُ سَيِّئَةٍ بِمِثْلِهَا
وَتَرْهَقُهُمْ ذِلَّةٌ ۖ مَّا لَهُم مِّنَ اللَّهِ مِنْ عَاصِمٍ ۖ
كَأَنَّمَا أُغْشِيَتْ وُجُوهُهُمْ قِطَعًا مِّنَ اللَّيْلِ مُظْلِمًا ۚ
أُولَٰئِكَ أَصْحَابُ النَّارِ ۖ هُمْ فِيهَا خَالِدُونَ ﴿٢٧﴾

28. ਉਹ ਦਿਨ ਜਦੋਂ ਅਸੀਂ ਸਾਰਿਆਂ ਨੂੰ ਇਕੱਠਾ ਕਰਾਂਗੇ ਫੇਰ ਮੁਸ਼ਰਿਕਾਂ ਨੂੰ ਕਹਾਂਗੇ ਕਿ ਤੁਸੀਂ ਤੇ ਤੁਹਾਡੇ ਸ਼ਰੀਕ ਆਪਣੀ-ਆਪਣੀ ਥਾਂ 'ਤੇ ਠਹਿਰੋ ਫੇਰ ਅਸੀਂ ਉਹਨਾਂ ਵਿਚਾਲੇ ਜੁਦਾਈ ਪਾ ਦਿਆਂਗੇ ਅਤੇ ਉਹਨਾਂ ਦੇ ਸ਼ਰੀਕ ਆਖਣਗੇ ਕਿ ਤੁਸੀਂ ਸਾਡੀ ਇਬਾਦਤ ਨਹੀਂ ਸੀ ਕਰਦੇ।

وَيَوْمَ نَحْشُرُهُمْ جَمِيعًا ثُمَّ نَقُولُ لِلَّذِينَ أَشْرَكُوا
مَكَانَكُمْ أَنتُمْ وَشُرَكَاؤُكُمْ ۚ فَزَيَّلْنَا بَيْنَهُمْ ۖ وَقَالَ
شُرَكَاؤُهُم مَّا كُنتُمْ إِيَّانَا تَعْبُدُونَ ﴿٢٨﴾

29. ਇਹ ਵੀ ਆਖਣਗੇ ਕਿ ਸਾਡੇ ਤੇ ਤੁਹਾਡੇ ਵਿਚਾਲੇ ਅੱਲਾਹ ਦੀ ਗਵਾਹੀ ਹੀ ਬਥੇਰੀ ਹੈ। ਅਸੀਂ (ਇਸ਼ਟ) ਤਾਂ ਤੁਹਾਡੀ ਇਬਾਦਤ ਤੋਂ ਉੱਕਾ ਹੀ ਬੇਖ਼ਬਰ ਹਾਂ।

فَكَفَىٰ بِاللَّهِ شَهِيدًا بَيْنَنَا وَبَيْنَكُمْ إِن كُنَّا عَنْ
عِبَادَتِكُمْ لَغَافِلِينَ ﴿٢٩﴾

30. ਉਸ ਵੇਲੇ ਹਰ ਵਿਅਕਤੀ ਆਪਣੇ (ਸੰਸਾਰ ਵਿਚ) ਕੀਤੇ ਹੋਏ ਕੰਮਾਂ ਦੀ ਜਾਂਚ ਕਰ ਲਵੇਗਾ ਅਤੇ ਇਹ ਸਾਰੇ ਹੀ ਲੋਕ ਅੱਲਾਹ ਵੱਲ, ਜਿਹੜਾ ਸਭ ਦਾ ਅਸਲੀ ਮਾਲਿਕ ਹੈ, ਪਰਤਾਏ ਜਾਣਗੇ ਅਤੇ ਜੋ ਕੁੱਝ ਵੀ ਉਹ (ਰੱਬ ਤੇ ਰਸੂਲ ਉੱਤੇ) ਝੂਠ ਘੜਿਆ ਕਰਦੇ ਸੀ, ਉਹ ਸਭ ਅਲੋਪ ਹੋ ਜਾਣਗੇ।

هُنَالِكَ تَبْلُوا كُلُّ نَفْسٍ مَّا أَسْلَفَتْ وَرُدُّوا إِلَى اللَّهِ مَوْلَاهُمُ الْحَقِّ وَضَلَّ عَنْهُم مَّا كَانُوا يَفْتَرُونَ ﴿٣٠﴾

31. ਹੇ ਨਬੀ! ਤੁਸੀਂ ਆਖੋ ਕਿ ਉਹ ਕੌਣ ਹੈ ਜਿਹੜਾ ਤੁਹਾਨੂੰ ਅਕਾਸ਼ ਤੇ ਧਰਤੀ 'ਚੋਂ ਰੋਜ਼ੀ ਦਿੰਦਾ ਹੈ? ਜਾਂ ਉਹ ਕੌਣ ਹੈ ਜਿਹੜਾ ਅੱਖਾਂ ਤੇ ਕੰਨਾਂ ਦਾ ਮਾਲਿਕ ਹੈ? ਅਤੇ ਉਹ ਕੌਣ ਹੈ ਜਿਹੜਾ ਜਾਨਦਾਰਾਂ 'ਚੋਂ ਬੇਜਾਨ ਅਤੇ ਬੇਜਾਨਾਂ 'ਚੋਂ ਜਾਨਦਾਰ ਨੂੰ ਕੱਢਦਾ ਹੈ? ਉਹ ਕੌਣ ਹੈ ਜਿਹੜਾ ਸਾਰੇ ਕੰਮਾਂ ਦੀ ਵਿਉਂਤ ਬਣਾਉਂਦਾ ਹੈ? ਉਹ (ਕਾਫ਼ਿਰ) ਜ਼ਰੂਰ ਹੀ ਇਹੋ ਆਖਣਗੇ ਕਿ ਅੱਲਾਹ। ਤਾਂ (ਹੇ ਨਬੀ!) ਇਹਨਾਂ ਨੂੰ ਆਖੋ ਕਿ ਫੇਰ ਤੁਸੀਂ (ਅੱਲਾਹ ਤੋਂ) ਡਰਦੇ ਕਿਉਂ ਨਹੀਂ?

قُلْ مَن يَرْزُقُكُم مِّنَ السَّمَاءِ وَالْأَرْضِ أَمَّن يَمْلِكُ السَّمْعَ وَالْأَبْصَارَ وَمَن يُخْرِجُ الْحَيَّ مِنَ الْمَيِّتِ وَيُخْرِجُ الْمَيِّتَ مِنَ الْحَيِّ وَمَن يُدَبِّرُ الْأَمْرَ فَسَيَقُولُونَ اللَّهُ فَقُلْ أَفَلَا تَتَّقُونَ ﴿٣١﴾

32. ਸੋ ਇਹੋ ਅੱਲਾਹ ਹੈ ਜਿਹੜਾ ਤੁਹਾਡਾ ਸੱਚਾ ਮਾਲਿਕ ਹੈ। ਇਸ ਸੱਚਾਈ ਮਗਰੋਂ ਛੁੱਟ ਗੁਮਰਾਹੀ ਤੋਂ ਹੋਰ ਕੀ ਰਹਿ ਗਿਆ ਹੈ? ਫੇਰ ਤੁਸੀਂ ਕਿੱਧਰ ਫਿਰੇ ਜਾਂਦੇ ਹੋ?

فَذَٰلِكُمُ اللَّهُ رَبُّكُمُ الْحَقُّ فَمَاذَا بَعْدَ الْحَقِّ إِلَّا الضَّلَالُ فَأَنَّىٰ تُصْرَفُونَ ﴿٣٢﴾

33. (ਹੇ ਨਬੀ!) ਇਸੇ ਤਰ੍ਹਾਂ ਤੁਹਾਡੇ ਰੱਬ ਦੀ ਇਹ ਗੱਲ ਕਿ ਨਾ-ਫ਼ਰਮਾਨ ਲੋਕ ਈਮਾਨ ਨਹੀਂ ਲਿਆਉਣਗੇ ਸਾਰੇ ਹੀ ਝੂਠੇ ਲੋਕਾਂ ਪ੍ਰਤੀ ਸੱਚ ਸਾਬਿਤ ਹੋ ਗਈ ਹੈ।

كَذَٰلِكَ حَقَّتْ كَلِمَتُ رَبِّكَ عَلَى الَّذِينَ فَسَقُوا أَنَّهُمْ لَا يُؤْمِنُونَ ﴿٣٣﴾

34. (ਹੇ ਨਬੀ!) ਤੁਸੀਂ ਇਹ ਪੁੱਛੋ ਕੀ ਤੁਹਾਡੇ ਥਾਪੇ ਹੋਏ ਸ਼ਰੀਕਾਂ ਵਿੱਚੋਂ ਕੌਣ ਹੈ ਜਿਹੜਾ ਪਹਿਲੀ ਵਾਰ ਰਚਨਾ ਕਰੇ ਅਤੇ ਮੁੜ ਦੁਬਾਰਾ ਉਸੇ ਦੀ ਰਚਨਾ ਕਰੇ? ਤੁਸੀਂ ਆਖ ਦਿਓ ਕਿ ਪਹਿਲੀ ਵਾਰ ਵੀ

قُلْ هَلْ مِن شُرَكَائِكُم مَّن يَبْدَأُ الْخَلْقَ ثُمَّ يُعِيدُهُ قُلِ اللَّهُ يَبْدَأُ الْخَلْقَ ثُمَّ يُعِيدُهُ فَأَنَّىٰ تُؤْفَكُونَ ﴿٣٤﴾

ਅੱਲਾਹ ਹੀ ਰਚਨਾ ਕਰਦਾ ਹੈ, ਮੁੜ ਦੁਬਾਰਾ ਵੀ ਉਹੀਓ ਰਚਨਾ ਕਰੇਗਾ। ਤੁਸੀਂ ਕਿਹੜੇ ਪੁੱਠੇ ਰਾਹ ਤੁਰੇ ਫਿਰਦੇ ਹੋ?

قُلْ هَلْ مِنْ شُرَكَآئِكُمْ مَّنْ يَّهْدِيْٓ اِلَى الْحَقِّ ۚ
قُلِ اللّٰهُ يَهْدِيْ لِلْحَقِّ ۚ اَفَمَنْ يَّهْدِيْٓ اِلَى
الْحَقِّ اَحَقُّ اَنْ يُّتَّبَعَ اَمَّنْ لَّا يَهِدِّيْٓ اِلَّآ اَنْ
يُّهْدٰى ۚ فَمَا لَكُمْ ۚ كَيْفَ تَحْكُمُوْنَ ﴿35﴾

35. (ਹੇ ਨਬੀ!) ਤੁਸੀਂ (ਇਹਨਾਂ ਮੁਸ਼ਰਿਕਾਂ ਤੋਂ) ਪੁੱਛੋ, ਕੀ ਤੁਹਾਡੇ ਸ਼ਰੀਕਾਂ ਵਿੱਚੋਂ ਕੋਈ ਹੈ ਜਿਹੜਾ ਹੱਕ ਸੱਚ ਦੀ ਹਿਦਾਇਤ ਦਿੰਦਾ ਹੋਵੇ? ਆਖ ਦਿਓ ਕਿ ਅੱਲਾਹ ਹੱਕ ਦੀ ਹਿਦਾਇਤ ਦਿੰਦਾ ਹੈ। ਫੇਰ ਕੀ ਉਹ ਜਿਹੜਾ ਹੱਕ ਦੀ ਹਿਦਾਇਤ ਦਿੰਦਾ ਹੈ ਉਹ ਇਸ ਗੱਲ ਦਾ ਅਧਿਕਾਰ ਰੱਖਦਾ ਹੈ ਕਿ ਉਸ ਦੀ ਪੈਰਵੀ ਕੀਤੀ ਜਾਵੇ? ਜਾਂ ਉਹ (ਹੱਕਦਾਰ) ਹੈ ਜਿਹੜਾ ਆਪ ਹੀ ਰਾਹੋਂ ਭੁਲਿਆ ਹੋਵੇ? ਸਗੋਂ ਉਸੇ ਨੂੰ ਹੱਕ ਦੀ ਨਸੀਹਤ ਕੀਤੀ ਜਾਵੇ। ਤੁਹਾਨੂੰ ਕੀ ਹੋ ਗਿਆ ਹੈ ਤੁਸੀਂ ਕਿਹੋ ਜਿਹੇ (ਗ਼ਲਤ) ਫ਼ੈਸਲੇ ਕਰਦੇ ਹੋ?

وَمَا يَتَّبِعُ اَكْثَرُهُمْ اِلَّا ظَنًّا ۚ اِنَّ الظَّنَّ لَا يُغْنِيْ
مِنَ الْحَقِّ شَيْـًٔا ۚ اِنَّ اللّٰهَ عَلِيْمٌۢ بِمَا يَفْعَلُوْنَ ﴿36﴾

36. ਅਤੇ ਉਹਨਾਂ ਕਾਫ਼ਿਰਾਂ ਵਿੱਚੋਂ ਬਹੁਤੇ ਤਾਂ ਗੁਮਾਨ (ਅਟਕਲ ਪੱਚੂ ਖ਼ਿਆਲ) ਦੇ ਹੀ ਪਿੱਛੇ ਲੱਗੇ ਰਹਿੰਦੇ ਹਨ। ਜਦ ਕਿ ਗੁਮਾਨ ਹਕੀਕਤ ਦੇ ਮੁਕਾਬਲੇ ਕੁੱਝ ਵੀ ਲਾਭਦਾਇਕ ਨਹੀਂ। ਬੇਸ਼ੱਕ ਅੱਲਾਹ ਉਹ ਸਭ ਚੰਗੀ ਤਰ੍ਹਾਂ ਜਾਣਦਾ ਹੈ ਜੋ ਕੁੱਝ ਉਹ ਕਰ ਰਹੇ ਹਨ।

وَمَا كَانَ هٰذَا الْقُرْاٰنُ اَنْ يُّفْتَرٰى مِنْ دُوْنِ اللّٰهِ
وَلٰكِنْ تَصْدِيْقَ الَّذِيْ بَيْنَ يَدَيْهِ وَتَفْصِيْلَ
الْكِتٰبِ لَا رَيْبَ فِيْهِ مِنْ رَّبِّ الْعٰلَمِيْنَ ﴿37﴾

37. ਇਹ .ਕੁਰਆਨ ਅਜਿਹਾ ਨਹੀਂ ਕਿ ਅੱਲਾਹ ਦੀ (ਵਹੀ) ਤੋਂ ਬਿਨਾਂ ਹੀ (ਆਪਣੇ ਕੋਲੋਂ) ਘੜ੍ਹ ਲਿਆ ਹੋਵੇ, ਸਗੋਂ ਇਹ ਤਾਂ (ਉਹਨਾਂ ਕਿਤਾਬਾਂ ਦੀ) ਪੁਸ਼ਟੀ ਕਰਦਾ ਹੈ ਜਿਹੜੀਆਂ ਇਸ ਤੋਂ ਪਹਿਲਾਂ (ਰੱਬ ਵੱਲੋਂ) ਉਤਾਰੀਆਂ ਜਾ ਚੁੱਕੀਆਂ ਹਨ ਅਤੇ ਉਹਨਾਂ ਸਾਰੀਆਂ ਕਿਤਾਬਾਂ ਦੀ ਵਿਸਥਾਰ ਪੂਰਵਕ ਜਾਣਕਾਰੀ ਦੇਣ ਵਾਲੀ ਕਿਤਾਬ ਹੈ। ਇਸ

ਵਿਚ ਕੋਈ ਸ਼ੱਕ ਨਹੀਂ ਕਿ ਇਹ (ਕੁਰਆਨ) ਸਾਰੇ ਜਹਾਨਾਂ ਦੇ ਰੱਬ ਵੱਲੋਂ ਹੈ।[1]

أَمْ يَقُولُونَ افْتَرَاهُ ۖ قُلْ فَأْتُوا بِسُورَةٍ مِّثْلِهِ
وَادْعُوا مَنِ اسْتَطَعْتُم مِّن دُونِ اللَّهِ إِن
كُنتُمْ صَادِقِينَ ٣٨

38 ਕੀ ਇਹ (ਕਾਫ਼ਿਰ) ਲੋਕ ਆਖਦੇ ਹਨ ਕਿ ਪੈਗ਼ੰਬਰ ਨੇ ਇਸ (ਕੁਰਆਨ) ਨੂੰ ਘੜ੍ਹ ਲਿਆ ਹੈ? (ਹੇ ਮੁਹੰਮਦ ਸ.!) ਆਖੋ ਕਿ ਰਤਾ ਤੁਸੀਂ ਅਜਿਹੀ ਇਕ ਸੂਰਤ ਹੀ ਬਣਾ ਲਿਆਓ ਅਤੇ ਜਿਨ੍ਹਾਂ (ਇਸ਼ਟਾਂ) ਨੂੰ, ਛੁੱਟ ਅੱਲਾਹ ਤੋਂ, ਮਦਦ ਲਈ ਬੁਲਾ ਸਕਦੇ ਹੋ ਬੁਲਾ ਲਵੋ, ਜੇ ਤੁਸੀਂ ਸੱਚੇ ਹੋ।

بَلْ كَذَّبُوا بِمَا لَمْ يُحِيطُوا بِعِلْمِهِ وَلَمَّا يَأْتِهِمْ
تَأْوِيلُهُ ۚ كَذَٰلِكَ كَذَّبَ الَّذِينَ مِن قَبْلِهِمْ ۖ
فَانظُرْ كَيْفَ كَانَ عَاقِبَةُ الظَّالِمِينَ ٣٩

39 ਸਗੋਂ ਉਹਨਾਂ ਨੇ ਉਸ ਚੀਜ਼ (ਕੁਰਆਨ) ਨੂੰ ਝੁਠਲਾਇਆ ਹੈ ਜਿਸ ਨੂੰ ਇਹ ਆਪਣੇ ਗਿਆਨ ਦੇ ਘੇਰੇ ਵਿਚ ਨਹੀਂ ਲਿਆ ਸਕਦੇ, ਅਤੇ ਅਜੇ ਤਕ ਜਿਸ ਦੀ ਹਕੀਕਤ ਵੀ ਇਹਨਾਂ ਦੇ ਸਾਹਮਣੇ ਪ੍ਰਗਟ ਨਹੀਂ ਹੋਈ। ਜਿਹੜੇ ਇਹਨਾਂ (ਕਾਫ਼ਿਰਾਂ) ਤੋਂ ਪਹਿਲਾਂ ਲੋਕੀ ਹੋਏ ਸਨ, ਇਸੇ ਪ੍ਰਕਾਰ ਉਹਨਾਂ ਨੇ ਵੀ (ਰੱਬੀ ਕਿਤਾਬਾਂ ਨੂੰ) ਝੁਠਲਾਇਆ ਸੀ। ਸੋ ਵੇਖ ਲਵੋ, ਉਹਨਾਂ ਜ਼ਾਲਮਾਂ ਦਾ ਅੰਤ ਕਿਹੋ ਜਿਹਾ ਹੋਇਆ ਸੀ।

وَمِنْهُم مَّن يُؤْمِنُ بِهِ وَمِنْهُم مَّن لَّا يُؤْمِنُ
بِهِ ۚ وَرَبُّكَ أَعْلَمُ بِالْمُفْسِدِينَ ٤٠

40 ਹੇ ਨਬੀ! ਇਹਨਾਂ ਲੋਕਾਂ ਵਿੱਚੋਂ ਕੁੱਝ ਤਾਂ ਅਜਿਹੇ ਹਨ ਜਿਹੜੇ (ਇਸ ਕੁਰਆਨ ਉੱਤੇ) ਈਮਾਨ ਲਿਆਉਣਗੇ ਅਤੇ ਕੁੱਝ ਅਜਿਹੇ ਹਨ ਜਿਹੜੇ ਈਮਾਨ ਨਹੀਂ ਲਿਆਉਣਗੇ। ਤੁਹਾਡਾ ਰੱਬ ਫ਼ਸਾਦੀਆਂ ਨੂੰ ਚੰਗਾ ਤਰ੍ਹਾਂ ਜਾਣਦਾ ਹੈ।

---

[1] ਇਸ ਤੋਂ ਭਾਵ ਕੁਰਆਨ ਹੈ। ਇਕ ਹਦੀਸ ਵਿਚ ਨਬੀ (ਸ:) ਨੇ ਇਸ ਕੁਰਆਨ ਨੂੰ ਆਪਣਾ ਸਭ ਤੋਂ ਵੱਡਾ ਮੋਅਜਜ਼ਾ ਆਖਿਆ ਹੈ, ਫ਼ਰਮਾਇਆ ਕਿ ਹਰ ਨਬੀ ਨੂੰ ਅਜਿਹੇ ਮੋਅਜਜ਼ੇ ਦਿੱਤੇ ਗਏ ਜਿਨ੍ਹਾਂ ਕਾਰਨ ਲੋਕਾਂ ਨੂੰ ਈਮਾਨ ਨਸੀਬ ਹੋਇਆ ਅਤੇ ਮੈਨੂੰ ਜਿਹੜਾ ਮੋਅਜਜ਼ਾ ਬਖ਼ਸ਼ਿਆ ਗਿਆ ਹੈ ਉਹ ਵਹੀ ਬਾਣੀ ਹੈ, ਜੋ ਅੱਲਾਹ ਨੇ ਮੇਰੇ ਉੱਤੇ ਉਤਾਰੀ ਹੈ। ਸੋ ਮੈਨੂੰ ਆਸ ਹੈ ਕਿ ਕਿਆਮਤ ਦਿਹਾੜੇ ਮੇਰੇ ਪੈਰੋਕਾਰ ਸਭ ਤੋਂ ਵੱਧ ਹੋਣਗੇ। (ਸਹੀ ਬੁਖ਼ਾਰੀ, ਹਦੀਸ: 7274)

41. (ਹੇ ਨਬੀ!) ਜੇਕਰ ਉਹ ਤੁਹਾਨੂੰ ਝੁਠਲਾਉਣ ਤਾਂ ਉਨ੍ਹਾਂ ਨੂੰ ਆਖੋ ਕਿ ਮੇਰਾ ਅਮਲ (ਕਰਨੀ) ਮੇਰੇ ਲਈ ਹੈ, ਤੁਹਾਡਾ ਅਮਲ ਤੁਹਾਡੇ ਲਈ ਹੈ। ਤੁਸੀਂ ਮੇਰੇ ਅਮਲਾਂ ਤੋਂ ਬਰੀ ਹੋ ਤੇ ਮੈਂ ਤੁਹਾਡੇ ਅਮਲਾਂ ਤੋਂ ਬਰੀ ਹਾਂ।

وَإِنْ كَذَّبُوكَ فَقُلْ لِي عَمَلِي وَلَكُمْ عَمَلُكُمْ ۖ أَنْتُمْ بَرِيئُونَ مِمَّا أَعْمَلُ وَأَنَا بَرِيءٌ مِمَّا تَعْمَلُونَ ﴿٤١﴾

42. ਇਹਨਾਂ ਵਿੱਚੋਂ ਕੁੱਝ ਅਜਿਹੇ ਵੀ ਹਨ ਜਿਹੜੇ ਤੁਹਾਡੀਆਂ ਗੱਲਾਂ ਧਿਆਨ ਨਾਲ ਸੁਣਦੇ ਹਨ ਕੀ ਤੁਸੀਂ (ਹੇ ਮੁਹੰਮਦ ਸ:!) ਬੋਲਿਆਂ ਨੂੰ ਸੁਣਾ ਸਕਦੇ ਹੋ ਭਾਵੇਂ ਉਹਨਾਂ ਨੂੰ ਅਕਲ ਹੀ ਨਾ ਹੋਵੇ?

وَمِنْهُمْ مَنْ يَسْتَمِعُونَ إِلَيْكَ ۚ أَفَأَنْتَ تُسْمِعُ الصُّمَّ وَلَوْ كَانُوا لَا يَعْقِلُونَ ﴿٤٢﴾

43 ਅਤੇ ਇਹਨਾਂ ਵਿੱਚੋਂ ਕੁੱਝ ਉਹ ਵੀ ਹਨ ਜਿਹੜੇ ਤੁਹਾਡੇ ਵੱਲ ਵੇਖ ਰਹੇ ਹਨ। ਕੀ ਤੁਸੀਂ ਅੰਨਿਆਂ ਨੂੰ ਰਾਹ ਵਿਖਾ ਸਕਦੇ ਹੋ? ਭਾਵੇਂ ਉਹਨਾਂ ਨੂੰ ਵਿਖਾਈ ਵੀ ਨਾ ਦਿੰਦਾ ਹੋਵੇ।

وَمِنْهُمْ مَنْ يَنْظُرُ إِلَيْكَ ۚ أَفَأَنْتَ تَهْدِي الْعُمْيَ وَلَوْ كَانُوا لَا يُبْصِرُونَ ﴿٤٣﴾

44. ਬੇਸ਼ੱਕ ਅੱਲਾਹ ਲੋਕਾਂ 'ਤੇ ਜ਼ੁਲਮ ਨਹੀਂ ਕਰਦਾ ਲੋਕੀ ਤਾਂ ਆਪਣੇ 'ਤੇ ਆਪ ਹੀ ਜ਼ੁਲਮ ਕਰਦੇ ਹਨ।

إِنَّ اللَّهَ لَا يَظْلِمُ النَّاسَ شَيْئًا وَلَٰكِنَّ النَّاسَ أَنْفُسَهُمْ يَظْلِمُونَ ﴿٤٤﴾

45. ਉਹਨਾਂ ਨੂੰ ਉਹ ਵੇਲਾ ਵੀ ਚੇਤੇ ਕਰਵਾਓ ਜਦੋਂ ਅੱਲਾਹ ਇਹਨਾਂ ਸਭ ਨੂੰ (ਆਪਣੇ ਹਜ਼ੂਰ) ਇਕੱਠਾ ਕਰੇਗਾ (ਤਾਂ ਇਹ ਸਮਝਣਗੇ) ਕਿ ਜਿਵੇਂ ਉਹ ਸੰਸਾਰ ਵਿਚ ਦਿਨ ਦੀਆਂ ਕੁੱਝ ਘੜੀਆਂ ਤੋਂ ਵੱਧ ਨਹੀਂ ਰਹੇ ਹੋਣਗੇ ਅਤੇ ਆਪਸ ਵਿਚ ਇਕ ਦੂਜੇ ਨੂੰ ਪਛਾਣ ਲੈਣਗੇ। ਹਕੀਕਤ ਵਿਚ ਉਹੀਓ ਲੋਕ, ਜਿਨ੍ਹਾਂ ਨੇ ਅੱਲਾਹ ਦੀ ਮਿਲਣੀ ਨੂੰ ਝੂਠ ਸਮਝਿਆ, ਘਾਟੇ ਵਿਚ ਰਹਿਣਗੇ ਅਤੇ ਉਹ ਇਹ ਹਿਦਾਇਤ ਪਾਉਣ ਵਾਲੇ ਨਹੀਂ ਸੀ।

وَيَوْمَ يَحْشُرُهُمْ كَأَنْ لَمْ يَلْبَثُوا إِلَّا سَاعَةً مِنَ النَّهَارِ يَتَعَارَفُونَ بَيْنَهُمْ ۚ قَدْ خَسِرَ الَّذِينَ كَذَّبُوا بِلِقَاءِ اللَّهِ وَمَا كَانُوا مُهْتَدِينَ ﴿٤٥﴾

46 ਜਿਸ (ਅਜ਼ਾਬ) ਦਾ ਵਾਅਦਾ ਅਸੀਂ (ਇਹਨਾਂ ਕਾਫ਼ਿਰਾਂ ਨਾਲ) ਕਰ ਰਹੇ ਹਾਂ, (ਹੇ ਮੁਹੰਮਦ) ਜੇ ਅਸੀਂ ਉਸ ਵਿੱਚੋਂ ਥੋੜ੍ਹਾ ਜਿਹਾ ਅਜ਼ਾਬ ਤੁਹਾਡੇ ਜਿਊਂਦੇ ਜੀ ਤੁਹਾਨੂੰ ਵਿਖਾ ਦਾਈਏ ਜਾਂ ਉਸ ਤੋਂ

وَإِمَّا نُرِيَنَّكَ بَعْضَ الَّذِي نَعِدُهُمْ أَوْ نَتَوَفَّيَنَّكَ فَإِلَيْنَا مَرْجِعُهُمْ ثُمَّ اللَّهُ شَهِيدٌ عَلَىٰ مَا يَفْعَلُونَ ﴿٤٦﴾

ਪਹਿਲਾਂ ਤੁਹਾਨੂੰ ਉਠਾ ਲਈਏ ਹਰ ਹਾਲ ਵਿਚ ਉਹਨਾਂ ਨੇ ਸਾਡੇ ਵੱਲ ਹੀ ਪਰਤਣਾ ਹੈ। ਅੱਲਾਹ ਉਹਨਾਂ ਦੀਆਂ ਸਾਰੀਆਂ ਕਰਤੂਤਾਂ ਦਾ ਗਵਾਹ ਹੈ।

وَلِكُلِّ أُمَّةٍ رَّسُولٌ ۖ فَإِذَا جَاءَ رَسُولُهُمْ قُضِيَ بَيْنَهُم بِالْقِسْطِ وَهُمْ لَا يُظْلَمُونَ ﴿47﴾

47. ਹਰ ਉੱਮਤ (ਕੌਮ) ਦਾ ਇਕ ਰਸੂਲ ਹੈ, ਜਦੋਂ ਉਸ (ਕੌਮ) ਦਾ ਰਸੂਲ ਆ ਜਾਂਦਾ ਹੈ ਤਾਂ ਉਹਨਾਂ ਦਾ ਫ਼ੈਸਲਾ (ਉਹਨਾਂ ਦੇ ਕਰਮਾਂ ਅਨੁਸਾਰ) ਇਨਸਾਫ਼ ਨਾਲ ਕੀਤਾ ਜਾਂਦਾ ਹੈ ਉਹਨਾਂ ਨਾਲ ਕਿਸੇ ਪ੍ਰਕਾਰ ਦਾ ਧੱਕਾ ਨਹੀਂ ਕੀਤਾ ਜਾਂਦਾ।

وَيَقُولُونَ مَتَىٰ هَٰذَا الْوَعْدُ إِن كُنتُمْ صَادِقِينَ ﴿48﴾

48. ਇਹ (ਕਾਫ਼ਿਰ) ਲੋਕ ਆਖਦੇ ਹਨ ਕਿ ਇਹ (ਅਜ਼ਾਬ ਦਾ) ਵਾਅਦਾ ਕਦੋਂ ਪੂਰਾ ਹੋਵੇਗਾ? ਜੇ ਤੁਸੀਂ ਸੱਚੇ ਹੋ? (ਤਾਂ ਦੱਸੋ)।

قُل لَّا أَمْلِكُ لِنَفْسِي ضَرًّا وَلَا نَفْعًا إِلَّا مَا شَاءَ اللَّهُ ۗ لِكُلِّ أُمَّةٍ أَجَلٌ ۚ إِذَا جَاءَ أَجَلُهُمْ فَلَا يَسْتَأْخِرُونَ سَاعَةً ۖ وَلَا يَسْتَقْدِمُونَ ﴿49﴾

49. (ਹੇ ਨਬੀ!) ਤੁਸੀਂ ਕਹਿ ਦਿਓ ਕਿ ਮੇਰੇ ਹੱਥ ਵਿਚ ਕਿਸੇ ਤਰ੍ਹਾਂ ਦਾ ਲਾਭ ਜਾਂ ਹਾਨੀ ਪਹੁੰਚਾਉਣ ਦਾ ਅਧਿਕਾਰ ਨਹੀਂ। ਉਹੀਓ ਹੁੰਦਾ ਹੈ ਜੋ ਅੱਲਾਹ ਦੀ ਇੱਛਾ ਹੁੰਦੀ ਹੈ। ਹਰ ਉੱਮਤ ਲਈ ਇਕ ਸਮਾਂ (ਧਰਤੀ ਉੱਤੇ ਵਸਣ ਦਾ) ਨਿਯਤ ਹੈ ਜਦੋਂ ਉਹਨਾਂ ਦਾ ਨਿਯਤ ਸਮਾਂ ਆ ਜਾਂਦਾ ਹੈ ਤਾਂ ਇਕ ਘੜੀ ਵੀ ਅੱਗੇ-ਪਿੱਛੇ ਨਹੀਂ ਹੋ ਸਕਦੀ।

قُلْ أَرَأَيْتُمْ إِنْ أَتَاكُمْ عَذَابُهُ بَيَاتًا أَوْ نَهَارًا مَّاذَا يَسْتَعْجِلُ مِنْهُ الْمُجْرِمُونَ ﴿50﴾

50. (ਹੇ ਨਬੀ!) ਤੁਸੀਂ ਪੁੱਛੋ ਕਿ ਜੇ ਤੁਹਾਡੇ 'ਤੇ ਅੱਲਾਹ ਦਾ ਅਜ਼ਾਬ ਅਚਨਚੇਤ ਰਾਤੀਂ ਜਾਂ ਦਿਨੀਂ ਆ ਜਾਵੇ ਤਾਂ ਤੁਸੀਂ ਕੀ ਕਰੋਗੇ? ਕਿਹੜੀ ਚੀਜ਼ ਹੈ ਜਿਸ ਲਈ ਅਪਰਾਧੀ ਲੋਕ ਛੇਤੀ ਕਰ ਰਹੇ ਹਨ?

أَثُمَّ إِذَا مَا وَقَعَ آمَنتُم بِهِ ۚ آلْآنَ وَقَدْ كُنتُم بِهِ تَسْتَعْجِلُونَ ﴿51﴾

51. ਕੀ ਜਦੋਂ ਉਹ (ਅਜ਼ਾਬ) ਤੁਹਾਡੇ 'ਤੇ ਆ ਪਏਗਾ ਤੁਸੀਂ ਫੇਰ ਈਮਾਨ ਲਿਆਉਗੇ? (ਉਸ ਸਮੇਂ ਕਿਹਾ ਜਾਵੇਗਾ, ਕੀ ਈਮਾਨ ਹੁਣ ਲਿਆਏ ਹੋ?) ਜਦ ਕਿ ਇਸ (ਅਜ਼ਾਬ) ਲਈ ਤੁਸੀਂ ਛੇਤੀ ਕਰ ਰਹੇ ਸੀ।

52. ਜ਼ਾਲਮਾਂ ਨੂੰ ਆਖਿਆ ਜਾਵੇਗਾ ਕਿ ਹੁਣ ਸਦਾ ਲਈ ਅਜ਼ਾਬ ਦਾ ਸੁਆਦ ਲਵੋ ਤੁਹਾਨੂੰ ਤੁਹਾਡੇ ਉਹਨਾਂ ਕਰਮਾਂ ਦਾ ਬਦਲਾ ਦਿੱਤਾ ਜਾਵੇਗਾ ਜੋ ਤੁਸੀਂ (ਸੰਸਾਰ ਵਿਚ) ਕਰਦੇ ਸੀ।

ثُمَّ قِيلَ لِلَّذِينَ ظَلَمُوا ذُوقُوا عَذَابَ الْخُلْدِ هَلْ تُجْزَوْنَ إِلَّا بِمَا كُنتُمْ تَكْسِبُونَ ﴿52﴾

53. (ਹੇ ਨਬੀ!) ਇਹ ਜ਼ਾਲਮ ਤੁਹਾਥੋਂ ਪੁੱਛਦੇ ਹਨ, ਕੀ ਅਜ਼ਾਬ ਦਾ ਆਉਣਾ ਸੱਚ ਹੈ? ਤੁਸੀਂ ਆਖ ਦਿਓ ਕਿ ਹਾਂ! (ਸੱਚ ਹੈ) ਕਸਮ ਹੈ ਮੇਰੇ ਪਾਲਣਹਾਰ ਦੀ ਕਿ ਇਹਦਾ ਆਉਣਾ ਸੱਚ ਹੈ ਅਤੇ ਤੁਸੀਂ ਕਿਸੇ ਤਰ੍ਹਾਂ ਵੀ ਅੱਲਾਹ ਨੂੰ ਬੇਵਸ ਨਹੀਂ ਕਰ ਸਕਦੇ।

وَيَسْتَنبِئُونَكَ أَحَقٌّ هُوَ قُلْ إِي وَرَبِّي إِنَّهُ لَحَقٌّ وَمَا أَنتُم بِمُعْجِزِينَ ﴿53﴾

54. ਜੇਕਰ ਹਰ ਜ਼ਾਲਮ ਵਿਅਕਤੀ ਦੇ ਕੋਲ (ਸਾਰੇ) ਸੰਸਾਰ ਦਾ ਮਾਲ ਹੋਵੇ ਤਾਂ ਉਹ ਨਰਕ ਦੇ ਅਜ਼ਾਬ ਤੋਂ ਬਚਣ ਲਈ ਸਭ ਕੁੱਝ ਫ਼ਿਦਿਆ (ਛੁਡਵਾਈ ਵਜੋਂ) ਵਿਚ ਦੇ ਦੇਵੇ।[1] ਜਦੋਂ ਇਹ (ਅਪਰਾਧੀ) ਅਜ਼ਾਬ ਨੂੰ ਵੇਖਣਗੇ ਤਾਂ ਉਹ ਆਪਣੇ ਦਿਲੋਂ ਵੀ ਤੇ ਜ਼ਾਹਰੋਂ ਵੀ ਸ਼ਰਮਿੰਦਗੀ ਦਾ ਪ੍ਰਗਟਾਵਾ ਕਰਨਗੇ। ਅਤੇ ਉਹਨਾਂ ਦਾ ਫ਼ੈਸਲਾ ਇਨਸਾਫ਼ ਨਾਲ ਹੋਵੇਗਾ, ਕਿਸੇ ਪ੍ਰਕਾਰ ਦੀ ਵਧੀਕੀ ਨਹੀਂ ਹੋਵੇਗੀ।

وَلَوْ أَنَّ لِكُلِّ نَفْسٍ ظَلَمَتْ مَا فِي الْأَرْضِ لَافْتَدَتْ بِهِ وَأَسَرُّوا النَّدَامَةَ لَمَّا رَأَوُا الْعَذَابَ وَقُضِيَ بَيْنَهُم بِالْقِسْطِ وَهُمْ لَا يُظْلَمُونَ ﴿54﴾

55. (ਹੇ ਲੋਕੋ!) ਖ਼ਬਰਦਾਰ ਜਿੰਨੀਆਂ ਵੀ ਚੀਜ਼ਾਂ ਅਕਾਸ਼ਾਂ ਤੇ ਧਰਤੀ ਵਿਚ ਹਨ, ਉਨ੍ਹਾਂ ਸਭ ਦਾ ਮਾਲਿਕ ਅੱਲਾਹ ਹੀ ਹੈ। ਯਾਦ ਰੱਖੋ ਕਿ ਅੱਲਾਹ ਦਾ ਵਾਅਦਾ ਸੱਚਾ ਹੈ, ਪਰ ਇਹ ਗੱਲ ਬਹੁਤ ਹੀ ਘੱਟ ਲੋਕ ਜਾਣਦੇ ਹਨ।

أَلَا إِنَّ لِلَّهِ مَا فِي السَّمَاوَاتِ وَالْأَرْضِ أَلَا إِنَّ وَعْدَ اللَّهِ حَقٌّ وَلَٰكِنَّ أَكْثَرَهُمْ لَا يَعْلَمُونَ ﴿55﴾

56. ਉਹੀਓ ਜੀਵਨ ਦਿੰਦਾ ਹੈ ਤੇ ਉਹੀਓ ਮੌਤ ਦਿੰਦਾ ਹੈ ਅਤੇ ਤੁਸੀਂ ਸਭ ਨੇ ਉਸੇ (ਅੱਲਾਹ) ਵੱਲੋਂ ਪਰਤਣਾ ਹੈ।

هُوَ يُحْيِي وَيُمِيتُ وَإِلَيْهِ تُرْجَعُونَ ﴿56﴾

---

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 91/3

57. ਹੇ ਲੋਕੋ। ਤੁਹਾਡੇ ਕੋਲ ਤੁਹਾਡੇ ਰੱਬ ਵੱਲੋਂ ਨਸੀਹਤ ਦੀ ਕਿਤਾਬ ਆ ਗਈ ਹੈ। ਜੋ ਵੀ ਤੁਹਾਡੇ ਮਨਾਂ ਵਿਚ (ਗੁੱਸਾ, ਲਾਲਚ, ਈਰਖਾ, ਕੰਜੂਸੀ ਹਵਸ, ਨਫ਼ਰਤ ਆਦਿ) ਦੇ ਰੋਗ ਹਨ, ਇਹ ਉਹਨਾਂ ਸਭ ਦਾ ਇਲਾਜ ਹੈ ਅਤੇ ਈਮਾਨ ਵਾਲਿਆਂ ਲਈ ਹਿਦਾਇਤ ਤੇ ਰਹਿਮਤ ਹੈ।

يَٰٓأَيُّهَا ٱلنَّاسُ قَدْ جَآءَتْكُم مَّوْعِظَةٌ مِّن رَّبِّكُمْ وَشِفَآءٌ لِّمَا فِى ٱلصُّدُورِ وَهُدًى وَرَحْمَةٌ لِّلْمُؤْمِنِينَ ٥٧

58. (ਹੇ ਨਬੀ!) ਤੁਸੀਂ ਕਹਿ ਦਿਓ ਕਿ ਇਹ ਕੁਰਆਨ ਅੱਲਾਹ ਦੇ ਫ਼ਜ਼ਲ ਅਤੇ ਉਸ ਦੀ ਰਹਿਮਤ ਨਾਲ ਨਾਜ਼ਿਲ ਹੋਇਆ ਹੈ ਸੋ ਲੋਕਾਂ ਨੂੰ ਚਾਹੀਦਾ ਹੈ ਕਿ ਉਹ ਖ਼ੁਸ਼ ਹੋਣ, ਇਹ ਉਹਨਾਂ ਸਾਰੀਆਂ ਚੀਜ਼ਾਂ ਤੋਂ ਬਹੁਤ ਹੀ ਵਧੀਆ ਹੈ ਜਿਹੜੀਆਂ ਉਹ (ਸੰਸਾਰਿਕ ਜੀਵਨ ਲਈ) ਇਕੱਠੀਆਂ ਕਰ ਰਹੇ ਹਨ।

قُلْ بِفَضْلِ ٱللَّهِ وَبِرَحْمَتِهِۦ فَبِذَٰلِكَ فَلْيَفْرَحُوا۟ هُوَ خَيْرٌ مِّمَّا يَجْمَعُونَ ٥٨

59 (ਹੇ ਨਬੀ!) ਤੁਸੀਂ (ਇਹਨਾਂ ਕਾਫ਼ਿਰਾਂ ਨੂੰ) ਪੁੱਛੋ ਕਿ ਅੱਲਾਹ ਨੇ ਤੁਹਾਡੇ ਲਈ ਜਿਹੜਾ ਰਿਜ਼ਕ ਭੇਜਿਆ ਸੀ, ਤੁਸੀਂ ਉਸ ਵਿਚ ਕੁੱਝ ਨੂੰ ਹਰਾਮ (ਨਾ-ਜਾਇਜ਼) ਅਤੇ ਕੁੱਝ ਨੂੰ ਹਲਾਲ (ਜਾਇਜ਼) ਕਰ ਲਿਆ। ਕੀ ਅੱਲਾਹ ਨੇ ਤੁਹਾਨੂੰ ਇਸ ਦੀ ਆਗਿਆ ਦਿੱਤੀ ਸੀ ਜਾਂ ਅੱਲਾਹ 'ਤੇ ਇਲਜ਼ਾਮ ਲਗਾ ਰਹੇ ਹੋ।

قُلْ أَرَءَيْتُم مَّآ أَنزَلَ ٱللَّهُ لَكُم مِّن رِّزْقٍ فَجَعَلْتُم مِّنْهُ حَرَامًا وَحَلَٰلًا قُلْ ءَآللَّهُ أَذِنَ لَكُمْ أَمْ عَلَى ٱللَّهِ تَفْتَرُونَ ٥٩

60 ਜਿਹੜੇ ਲੋਕ ਅੱਲਾਹ ਉੱਤੇ ਝੂਠ ਮੜਦੇ ਹਨ ਉਹਨਾਂ ਦਾ ਕਿਆਮਤ ਪ੍ਰਤੀ ਕੀ ਵਿਚਾਰ ਹੈ? ਹਕੀਕਤ ਇਹ ਹੈ ਕਿ ਅੱਲਾਹ ਦਾ ਲੋਕਾਂ ਉੱਤੇ ਬਹੁਤ ਵੱਡਾ ਫ਼ਜ਼ਲ ਹੈ। ਪਰ ਫੇਰ ਵੀ ਬਹੁਤੇ ਲੋਕ ਅਜਿਹੇ ਹਨ ਜਿਹੜੇ ਧੰਨਵਾਦ ਨਹੀਂ ਕਰਦੇ।

وَمَا ظَنُّ ٱلَّذِينَ يَفْتَرُونَ عَلَى ٱللَّهِ ٱلْكَذِبَ يَوْمَ ٱلْقِيَٰمَةِ إِنَّ ٱللَّهَ لَذُو فَضْلٍ عَلَى ٱلنَّاسِ وَلَٰكِنَّ أَكْثَرَهُمْ لَا يَشْكُرُونَ ٦٠

61. (ਹੇ ਨਬੀ!) ਜਿਸ ਹਾਲ ਵਿਚ ਵੀ ਤੁਸੀਂ ਹੁੰਦੇ ਹੋ ਅਤੇ ਅੱਲਾਹ ਵੱਲੋਂ ਨਾਜ਼ਿਲ ਕੀਤੇ ਹੋਏ ਕੁਰਆਨ ਵਿਚ ਜੋ ਵੀ ਤੁਸੀਂ ਲੋਕਾਂ ਨੂੰ ਸੁਣਾਉਂਦੇ ਹੋ, ਅਤੇ ਹੇ ਲੋਕ। ਤੁਸੀਂ ਜੋ ਵੀ ਕਰਦੇ ਹੋ ਉਸ ਸਮੇਂ ਅਸੀਂ ਤੁਹਾਨੂੰ ਵੇਖ ਰਹੇ ਹੁੰਦੇ ਹਾਂ। ਨਾ ਹੀ ਧਰਤੀ ਵਿੱਚੋਂ, ਨਾ ਹੀ ਅਕਾਸ਼ ਵਿੱਚੋਂ, ਨਾ ਹੀ ਕੋਈ ਚੀਜ਼ ਛੋਟੀ, ਨਾ ਹੀ ਵੱਡੀ, ਕੋਈ ਚੀਜ਼ ਅੱਲਾਹ ਤੋਂ

وَمَا تَكُونُ فِى شَأْنٍ وَمَا تَتْلُوا۟ مِنْهُ مِن قُرْءَانٍ وَلَا تَعْمَلُونَ مِنْ عَمَلٍ إِلَّا كُنَّا عَلَيْكُمْ شُهُودًا إِذْ تُفِيضُونَ فِيهِ وَمَا يَعْزُبُ عَن رَّبِّكَ مِن مِّثْقَالِ ذَرَّةٍ فِى ٱلْأَرْضِ وَلَا فِى ٱلسَّمَآءِ وَلَآ أَصْغَرَ مِن ذَٰلِكَ وَلَآ أَكْبَرَ إِلَّا فِى كِتَٰبٍ مُّبِينٍ ٦١

ਲੁਕੀ ਹੋਈ ਹੈ, ਪਰ ਇਹ ਸਭ ਇਕ ਖੁੱਲ੍ਹੀ (ਸਪੱਸ਼ਟ) ਕਿਤਾਬ ਵਿਚ (ਵਿਸਥਾਰ ਨਾਲ) ਦਰਜ ਹੈ।

أَلَآ إِنَّ أَوۡلِيَآءَ ٱللَّهِ لَا خَوۡفٌ عَلَيۡهِمۡ وَلَا هُمۡ يَحۡزَنُونَ ٦٢

62. ਯਾਦ ਰੱਖੋ ਕਿ ਅੱਲਾਹ ਦੇ ਪਿਆਰਿਆਂ ਨੂੰ (ਲੋਕ ਪ੍ਰਲੋਕ ਵਿਚ) ਨਾ ਕੋਈ ਡਰ ਭੈਅ ਹੋਵੇਗਾ ਹੈ ਅਤੇ ਨਾ ਹੀ ਨਿਰਾਸ਼ ਹੋਣਗੇ।[1]

ٱلَّذِينَ ءَامَنُواْ وَكَانُواْ يَتَّقُونَ ٦٣

63. ਇਹ ਲੋਕੀ ਉਹ ਹਨ ਜਿਹੜੇ ਈਮਾਨ ਲਿਆਏ ਅਤੇ ਅੱਲਾਹ ਤੋਂ ਡਰਦੇ ਰਹੇ।

لَهُمُ ٱلۡبُشۡرَىٰ فِي ٱلۡحَيَوٰةِ ٱلدُّنۡيَا وَفِي ٱلۡأٓخِرَةِۚ لَا تَبۡدِيلَ لِكَلِمَٰتِ ٱللَّهِۚ ذَٰلِكَ هُوَ ٱلۡفَوۡزُ ٱلۡعَظِيمُ ٦٤

64. ਇਹਨਾਂ ਲਈ ਸੰਸਾਰਿਕ ਜੀਵਨ ਵਿਚ ਵੀ ਅਤੇ ਆਖ਼ਿਰਤ ਦੇ ਜੀਵਨ ਵਿਚ ਵੀ ਖ਼ੁਸ਼ੀਆਂ ਹੀ ਖ਼ੁਸ਼ੀਆਂ ਹਨ।[2] ਅੱਲਾਹ ਦੇ ਕਥਨਾਂ ਵਿਚ ਕੁੱਝ ਵੀ ਬਦਲਾਓ ਨਹੀਂ ਹੋ ਸਕਦਾ, ਇਹੋ ਸਭ ਤੋਂ ਵੱਡੀ ਕਾਮਯਾਬੀ ਹੈ।

وَلَا يَحۡزُنكَ قَوۡلُهُمۡۘ إِنَّ ٱلۡعِزَّةَ لِلَّهِ جَمِيعًاۚ هُوَ ٱلسَّمِيعُ ٱلۡعَلِيمُ ٦٥

65. (ਹੇ ਨਬੀ!) ਤੁਸੀਂ ਇਹਨਾਂ (ਕਾਫ਼ਿਰਾਂ) ਦੀਆਂ ਗੱਲਾਂ ਤੋਂ ਦੁਖੀ ਨਾ ਹੋਵੋ। ਬੇਸ਼ੱਕ ਸਾਰੀਆਂ ਇੱਜ਼ਤਾਂ ਅੱਲਾਹ ਲਈ ਹੀ ਦੇ ਹੱਥ ਵਿਚ ਹਨ, ਉਹ ਸਭ ਕੁੱਝ ਸੁਣਨ ਤੇ ਜਾਣਨ ਵਾਲਾ ਹੈ।

---

[1] ਇਸ ਵਿਚ ਅੱਲਾਹ ਦੇ ਨੇਕ ਬੰਦਿਆਂ ਦਾ ਹਾਲ ਬਿਆਨ ਕੀਤਾ ਗਿਆ ਹੈ, ਜਦ ਕਿ ਅੱਲਾਹ ਦੇ ਨਾ ਫ਼ਰਮਾਨਾਂ ਦਾ ਹਾਲ ਇਸ ਤੋਂ ਉਲਟ ਹੋਵੇਗਾ ਜਿਵੇਂ ਕਿ ਇਕ ਹਦੀਸ ਵਿਚ ਅੱਲਾਹ ਦੇ ਰਸੂਲ (ਸ.) ਨੇ ਫ਼ਰਮਾਇਆ ਕਿ ਜਦੋਂ ਜਨਾਜ਼ਾ ਤਿਆਰ ਹੋ ਜਾਂਦਾ ਹੈ ਅਤੇ ਆਦਮੀ ਉਸ ਨੂੰ ਮੋਢਿਆਂ 'ਤੇ ਚੁੱਕ ਲੈਂਦੇ ਹਨ, ਤਾਂ ਜੇਕਰ ਉਹ ਮਰਨ ਵਾਲਾ ਨੇਕ ਹੁੰਦਾ ਹੈ ਤਾਂ ਆਖਦਾ ਹੈ ਕਿ ਮੈਨੂੰ ਛੇਤੀ ਛੇਤੀ ਲੈ ਚੱਲੋ ਅਤੇ ਜੇ ਬੁਰਾ ਹੁੰਦਾ ਹੈ ਤਾਂ ਕਹਿੰਦਾ ਹੈ ਕਿ ਹਾਏ ਮੇਰੀ ਫੁੱਟੀ ਕਿਸਮਤ! ਤੁਸੀਂ ਮੈਨੂੰ ਕਿੱਥੇ ਲਿਜਾ ਰਹੇ ਹੋ, ਉਸ ਦੀ ਆਵਾਜ਼ ਨੂੰ ਇਨਸਾਨਾਂ ਤੋਂ ਛੁੱਟ ਹਰ ਕੋਈ ਸੁਣਦਾ ਹੈ। ਜੇਕਰ ਇਨਸਾਨ ਇਸ ਨੂੰ ਸੁਣ ਲਵੇ ਤਾਂ ਉਹ ਬੇਹੋਸ਼ ਹੋ ਜਾਵੇ। (ਸਹੀ ਬੁਖ਼ਾਰੀ, ਹਦੀਸ: 1314)

[2] ਹਜ਼ਰਤ ਅਬੂ-ਹੁਰੈਰਾ ਦੱਸਦੇ ਹਨ ਕਿ ਮੈਂ ਨਬੀ ਕਰੀਮ (ਸ.) ਨੂੰ ਇਹ ਫ਼ਰਮਾਉਂਦੇ ਹੋਏ ਸੁਣਿਆ ਕਿ ਨਬੁੱਵਤ ਵਿਚ ਛੁੱਟ ਖ਼ੁਸ਼ਖ਼ਬਰੀਆਂ ਤੋਂ ਹੋਰ ਕੁੱਝ ਵੀ ਨਹੀਂ ਰਿਹਾ। ਲੋਕਾਂ ਨੇ ਅਰਜ਼ ਕੀਤੀ ਕਿ ਖ਼ੁਸ਼ਖ਼ਬਰੀਆਂ ਤੋਂ ਕੀ ਭਾਵ ਹੈ? ਤਾਂ ਆਪ (ਸ.) ਨੇ ਫ਼ਰਮਾਇਆ ਕਿ ਸੱਚੇ ਤੇ ਚੰਗੇ ਸੁਪਨੇ ਜਿਹੜੇ ਖ਼ੁਸ਼ਖ਼ਬਰੀਆਂ ਦੇਣ। (ਸਹੀ ਬੁਖ਼ਾਰੀ, ਹਦੀਸ 6990)

• ਇਕ ਦੂਜੀ ਹਦੀਸ ਵਿਚ ਫ਼ਰਮਾਇਆ ਕਿ ਮੋਮਿਨ ਦਾ ਸੁਪਨਾ ਨਬੁੱਵਤ ਦੇ ਛਿਆਲੀ ਹਿੱਸਿਆਂ ਵਿਚੋਂ ਇਕ ਹਿੱਸਾ ਹੁੰਦਾ ਹੈ। (ਸਹੀ ਬੁਖ਼ਾਰੀ, ਹਦੀਸ: 6988)

66. ਚੇਤੇ ਰੱਖੋ, ਜੋ ਕੁੱਝ ਵੀ ਅਕਾਸ਼ਾਂ ਵਿਚ ਹੈ ਅਤੇ ਜੋ ਵੀ ਧਰਤੀ ਵਿਚ ਹੈ ਇਹ ਸਭ ਅੱਲਾਹ ਦਾ ਹੀ ਹੈ। ਜਿਹੜੇ ਲੋਕੀ ਅੱਲਾਹ ਨੂੰ ਛੱਡ ਕੇ ਦੂਜੇ ਇਸ਼ਟਾਂ ਨੂੰ (ਮਦਦ ਲਈ) ਪੁਕਾਰਦੇ ਹਨ ਉਹ (ਕਿਸੇ ਇਸ਼ਟ ਦੀ) ਪੈਰਵੀ ਨਹੀਂ ਕਰਦੇ, ਸਗੋਂ ਨਿਰੇ ਵਹਿਮਾਂ ਭਰਮਾਂ ਦੀ ਪੈਰਵੀ ਕਰ ਰਹੇ ਹਨ ਅਤੇ ਕੇਵਲ ਖ਼ਿਆਲੀ ਗੱਲਾਂ ਹੀ ਕਰਦੇ ਹਨ।

أَلَآ إِنَّ لِلَّهِ مَن فِى ٱلسَّمَٰوَٰتِ وَمَن فِى
ٱلْأَرْضِ ۗ وَمَا يَتَّبِعُ ٱلَّذِينَ يَدْعُونَ
مِن دُونِ ٱللَّهِ شُرَكَآءَ ۚ إِن يَتَّبِعُونَ
إِلَّا ٱلظَّنَّ وَإِنْ هُمْ إِلَّا يَخْرُصُونَ ﴿٦٦﴾

67. ਉਹੀਓ (ਅੱਲਾਹ) ਹੈ ਜਿਸਨੇ ਤੁਹਾਡੇ ਲਈ ਰਾਤ ਬਣਾਈ ਤਾਂ ਜੋ ਤੁਸੀਂ ਆਰਾਮ ਕਰ ਸਕੋਂ ਅਤੇ (ਰੋਜ਼ੀ ਕਮਾਉਣ ਲਈ) ਦਿਨ ਨੂੰ ਪ੍ਰਕਾਸ਼ਮਈ ਬਣਾਇਆ, ਬੇਸ਼ੱਕ ਇਸ ਵਿਚ ਉਹਨਾਂ ਲਈ ਬਥੇਰੀਆਂ ਨਿਸ਼ਾਨੀਆਂ ਹਨ ਜਿਹੜੇ (ਪੈਗ਼ੰਬਰਾਂ ਦੀਆਂ ਗੱਲਾਂ ਨੂੰ ਧਿਆਨ ਨਾਲ) ਸੁਣਦੇ ਹਨ।

هُوَ ٱلَّذِى جَعَلَ لَكُمُ ٱلَّيْلَ لِتَسْكُنُوا۟ فِيهِ
وَٱلنَّهَارَ مُبْصِرًا ۚ إِنَّ فِى ذَٰلِكَ لَءَايَٰتٍ
لِّقَوْمٍ يَسْمَعُونَ ﴿٦٧﴾

68. ਉਹ (ਮੁਸ਼ਰਿਕ) ਆਖਦੇ ਹਨ ਕਿ ਅੱਲਾਹ ਨੇ ਪੁੱਤਰ ਬਣਾ ਲਿਆ ਹੈ, ਜਦ ਕਿ ਉਹ (ਔਲਾਦ ਤੋਂ) ਪਾਕ ਹੈ ਅਤੇ (ਹਰ ਲੋੜ ਤੋਂ) ਬੇਪਰਵਾਹ ਹੈ।[1] ਅਕਾਸ਼ਾਂ ਤੇ ਧਰਤੀ ਵਿਚ ਜੋ ਵੀ ਹੈ ਸਭ ਉਸੇ ਲਈ ਹੈ। ਤੁਹਾਡੇ ਕੋਲ ਇਸ ਗੱਲ ਦੀ ਵੀ ਕੋਈ ਦਲੀਲ ਨਹੀਂ (ਕਿ ਰੱਬ ਦੇ ਔਲਾਦ ਹੈ) ਕੀ ਤੁਸੀਂ ਅੱਲਾਹ ਦੇ ਬਾਰੇ ਉਹ ਗੱਲਾਂ ਆਖਦੇ ਹੋ ਜਿਸ ਦਾ ਤੁਹਾਨੂੰ ਗਿਆਨ ਵੀ ਨਹੀਂ?

قَالُوا۟ ٱتَّخَذَ ٱللَّهُ وَلَدًا ۗ سُبْحَٰنَهُۥ ۖ هُوَ ٱلْغَنِىُّ ۖ
لَهُۥ مَا فِى ٱلسَّمَٰوَٰتِ وَمَا فِى ٱلْأَرْضِ ۚ إِنْ
عِندَكُم مِّن سُلْطَٰنٍۭ بِهَٰذَآ ۚ أَتَقُولُونَ عَلَى
ٱللَّهِ مَا لَا تَعْلَمُونَ ﴿٦٨﴾

69. (ਹੇ ਨਬੀ!) ਤੁਸੀਂ ਆਖ ਦਿਓ ਕਿ ਜਿਹੜੇ ਲੋਕੀ ਅੱਲਾਹ 'ਤੇ ਦੋਸ਼ ਲਗਾ ਰਹੇ ਹਨ, ਉਹ ਕਾਮਯਾਬ ਨਹੀਂ ਹੋਣਗੇ।

قُلْ إِنَّ ٱلَّذِينَ يَفْتَرُونَ عَلَى ٱللَّهِ ٱلْكَذِبَ
لَا يُفْلِحُونَ ﴿٦٩﴾

70. ਸੰਸਾਰ ਵਿਚ ਤਾਂ ਥੋੜ੍ਹਾ ਜਿਹਾ ਲਾਭ ਉਠਾਉਣਾ ਹੈ ਫੇਰ ਉਹਨਾਂ ਨੇ ਸਾਡੇ ਕੋਲ ਹੀ ਆਉਣਾ ਹੈ, ਫੇਰ

مَتَٰعٌ فِى ٱلدُّنْيَا ثُمَّ إِلَيْنَا مَرْجِعُهُمْ ثُمَّ نُذِيقُهُمُ
ٱلْعَذَابَ ٱلشَّدِيدَ بِمَا كَانُوا۟ يَكْفُرُونَ ﴿٧٠﴾

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 116/2

ਅਸੀਂ ਉਹਨਾਂ ਨੂੰ ਉਹਨਾਂ ਦੇ ਕੁਫ਼ਰ ਦੇ ਬਦਲੇ ਵਿਚ ਕਰੜੇ ਅਜ਼ਾਬ ਦਾ ਸੁਆਦ ਚਖਾਵਾਂਗੇ।

71 (ਹੇ ਨਬੀ!) ਤੁਸੀਂ ਇਹਨਾਂ (ਇਨਕਾਰੀਆਂ) ਨੂੰ ਨੂਹ ਦਾ ਕਿੱਸਾ ਸੁਣਾਓ ਜਦੋਂ ਉਹਨਾਂ (ਨੂਹ) ਨੇ ਆਪਣੀ ਕੌਮ ਨੂੰ ਕਿਹਾ ਸੀ ਕਿ ਹੇ ਮੇਰੀ ਕੌਮ! ਜੇ ਤੁਹਾਨੂੰ ਮੇਰਾ (ਤੁਹਾਡੇ ਵਿਚਾਲੇ) ਰਹਿਣਾ ਅਤੇ ਅੱਲਾਹ ਦੀਆਂ ਆਇਤਾਂ ਰਾਹੀਂ ਨਸੀਹਤਾਂ (ਕਰਨੀਆਂ) ਭਾਰ ਮਹਿਸੂਸ ਹੁੰਦਾ ਹੈ (ਤਾਂ ਇਹ ਤੁਹਾਡੀ ਇੱਛਾ ਹੈ) ਪਰ ਮੇਰਾ ਭਰੋਸਾ ਤਾਂ ਅੱਲਾਹ 'ਤੇ ਹੀ ਹੈ। ਸੋ ਤੁਸੀਂ ਤੇ ਤੁਹਾਡੇ ਸ਼ਰੀਕ ਮਿਲ ਕੇ ਮੇਰੇ ਵਿਰੁੱਧ ਫ਼ੈਸਲਾ ਕਰ ਲਵੋ, ਅਤੇ ਤੁਹਾਡਾ ਇਹ ਫ਼ੈਸਲਾ ਕਿਸੇ ਤੋਂ ਗੁਪਤ ਨਾ ਰਹੇ, ਫੇਰ ਮੇਰੇ ਵਿਰੁੱਧ ਆਪਣੇ ਫ਼ੈਸਲੇ ਅਨੁਸਾਰ ਜਤਨ ਕਰੋ ਅਤੇ ਮੈਨੂੰ ਉੱਕਾ ਹੀ ਮੋਹਲਤ ਨਾ ਦਿਓ।

وَاتْلُ عَلَيْهِمْ نَبَأَ نُوحٍ إِذْ قَالَ لِقَوْمِهِ
يَا قَوْمِ إِنْ كَانَ كَبُرَ عَلَيْكُمْ مَقَامِي وَتَذْكِيرِي
بِآيَاتِ اللَّهِ فَعَلَى اللَّهِ تَوَكَّلْتُ فَأَجْمِعُوا أَمْرَكُمْ
وَشُرَكَاءَكُمْ ثُمَّ لَا يَكُنْ أَمْرُكُمْ عَلَيْكُمْ غُمَّةً
ثُمَّ اقْضُوا إِلَيَّ وَلَا تُنْظِرُونِ ٧١

72. ਜੇ ਤੁਸੀਂ ਸੱਚਾਈ ਤੋਂ ਮੂੰਹ ਮੋੜ ਵੀ ਲਵੋ ਪਰ ਮੈਂ ਤੁਹਾਥੋਂ ਕਿਸੇ ਬਦਲੇ ਦੀ ਮੰਗ ਨਹੀਂ ਕਰਦਾ। ਮੇਰਾ ਬਦਲਾ ਤਾਂ ਅੱਲਾਹ ਦੇ ਹੀ ਜ਼ਿੰਮੇ ਹੈ ਅਤੇ ਮੈਨੂੰ ਇਹ ਹੁਕਮ ਹੋਇਆ ਹੈ ਕਿ ਮੈਂ ਆਗਿਆਕਾਰੀਆਂ ਵਿੱਚੋਂ ਹੋਵਾਂ।

فَإِنْ تَوَلَّيْتُمْ فَمَا سَأَلْتُكُمْ مِنْ أَجْرٍ إِنْ أَجْرِيَ
إِلَّا عَلَى اللَّهِ وَأُمِرْتُ أَنْ أَكُونَ مِنَ الْمُسْلِمِينَ ٧٢

73. ਸੋ ਉਹਨਾਂ ਲੋਕਾਂ ਨੇ ਨੂਹ ਨੂੰ ਝੁਠਲਾਇਆ ਤਾਂ ਅਸੀਂ ਉਸ ਨੂੰ ਅਤੇ ਜਿਹੜੇ ਉਸ ਨੂਹ ਦੀ ਬੇੜੀ ਵਿਚ ਸਵਾਰ ਸਨ ਉਹਨਾਂ ਸਭ ਨੂੰ ਬਚਾ ਲਿਆ ਅਤੇ ਉਹਨਾਂ ਨੂੰ ਧਰਤੀ ਦਾ ਜਾਨਸ਼ੀਨ ਬਣਾਇਆ ਅਤੇ ਜਿਨ੍ਹਾਂ ਨੇ ਸਾਡੀਆਂ ਆਇਤਾਂ ਨੂੰ ਝੁਠਲਾਇਆ ਸੀ ਅਸੀਂ ਉਹਨਾਂ ਨੂੰ ਡੋਬ ਦਿੱਤਾ। ਸੋ ਵੇਖੋ (ਉਹਨਾਂ ਲੋਕਾਂ ਦਾ) ਅੰਤ ਕਿਹੋ ਜਿਹਾ ਹੋਇਆ, ਜਿਨ੍ਹਾਂ ਨੂੰ ਖ਼ਬਰਦਾਰ ਕੀਤਾ ਗਿਆ ਸੀ।

فَكَذَّبُوهُ فَنَجَّيْنَاهُ وَمَنْ مَعَهُ فِي الْفُلْكِ وَجَعَلْنَاهُمْ
خَلَائِفَ وَأَغْرَقْنَا الَّذِينَ كَذَّبُوا بِآيَاتِنَا فَانْظُرْ
كَيْفَ كَانَ عَاقِبَةُ الْمُنْذَرِينَ ٧٣

74. ਫੇਰ ਅਸੀਂ (ਨੂਹ) ਤੋਂ ਬਾਅਦ ਅਨੇਕਾਂ ਹੀ ਰਸੂਲਾਂ ਨੂੰ ਉਹਨਾਂ ਦੀ ਆਪਣੀ ਆਪਣੀ ਕੌਮ ਵੱਲ ਘੱਲਿਆ, ਉਹ ਸਾਰੇ (ਰਸੂਲ) ਰੌਸ਼ਨ ਦਲੀਲਾਂ ਲੈਕੇ ਆਏ, ਫੇਰ ਵੀ ਇੰਜ ਨਾ ਹੋਇਆ ਕਿ ਉਹ ਇਸ (ਹਿਦਾਇਤ) 'ਤੇ ਈਮਾਨ ਲੈ ਆਉਂਦੇ ਜਿਸ ਨੂੰ ਪਹਿਲਾਂ ਹੀ ਝੂਠਲਾ ਚੁੱਕੇ ਸਨ। ਇਸ ਪ੍ਰਕਾਰ ਅੱਲਾਹ ਹੱਦੋਂ ਟੱਪਣ ਵਾਲਿਆਂ ਦੇ ਦਿਲਾਂ 'ਤੇ ਠੱਪਾ ਲਾ ਦਿੰਦਾ ਹੈ। (ਫੇਰ ਉਹ ਸਮਝਦੇ ਹੀ ਨਹੀਂ)।

ثُمَّ بَعَثْنَا مِنْ بَعْدِهٖ رُسُلًا اِلٰى قَوْمِهِمْ فَجَآءُوْهُمْ بِالْبَيِّنٰتِ فَمَا كَانُوْا لِيُؤْمِنُوْا بِمَا كَذَّبُوْا بِهٖ مِنْ قَبْلُ ؕ كَذٰلِكَ نَطْبَعُ عَلٰى قُلُوْبِ الْمُعْتَدِيْنَ ۝74

75. ਇਹਨਾਂ ਤੋਂ ਬਾਅਦ ਅਸੀਂ ਮੂਸਾ ਤੇ ਹਾਰੂਨ ਨੂੰ (ਰਸੂਲ ਬਣਾ ਕੇ) ਫ਼ਿਰਔਨ ਤੇ ਉਸ (ਦੀ ਕੌਮ) ਦੇ ਸਰਦਾਰਾਂ ਵੱਲ ਆਪਣੀਆਂ ਨਿਸ਼ਾਨੀਆਂ ਦੇ ਕੇ ਭੇਜਿਆ ਪਰ ਉਹਨਾਂ ਨੇ ਘਮੰਡ ਕੀਤਾ। ਉਹ ਲੋਕ ਅਪਰਾਧੀ ਸਨ।

ثُمَّ بَعَثْنَا مِنْ بَعْدِهِمْ مُّوْسٰى وَهٰرُوْنَ اِلٰى فِرْعَوْنَ وَمَلَا۟ئِهٖ بِاٰيٰتِنَا فَاسْتَكْبَرُوْا وَكَانُوْا قَوْمًا مُّجْرِمِيْنَ ۝75

76. ਜਦੋਂ ਉਹਨਾਂ (ਫ਼ਿਰਔਨੀਆਂ) ਕੋਲ ਸਾਡੇ ਵੱਲੋਂ ਹੱਕ ਪੁੱਜ ਗਿਆ ਤਾਂ ਆਖਣ ਲੱਗੇ ਕਿ ਇਹ ਤਾਂ ਜਾਦੂ ਹੈ।

فَلَمَّا جَآءَهُمُ الْحَقُّ مِنْ عِنْدِنَا قَالُوْٓا اِنَّ هٰذَا لَسِحْرٌ مُّبِيْنٌ ۝76

77. ਮੂਸਾ ਨੇ ਆਖਿਆ, ਕੀ ਤੁਸੀਂ ਹੱਕ ਪ੍ਰਤੀ ਇਹ ਕਹਿੰਦੇ ਹੋ, ਜਦ ਕਿ ਉਹ ਹੱਕ ਤੁਹਾਡੇ ਕੋਲ ਆ ਗਿਆ ਹੈ, ਕੀ ਇਹ ਜਾਦੂ ਹੈ? ਜਦ ਕਿ ਜਾਦੂਗਰ ਕਦੇ ਵੀ ਕਾਮਯਾਬ ਨਹੀਂ ਹੋਇਆ ਕਰਦੇ।

قَالَ مُوْسٰٓى اَتَقُوْلُوْنَ لِلْحَقِّ لَمَّا جَآءَكُمْ ؕ اَسِحْرٌ هٰذَا ؕ وَلَا يُفْلِحُ السّٰحِرُوْنَ ۝77

78. ਉਹ (ਫ਼ਿਰਔਨੀ) ਆਖਣ ਲੱਗਾ, ਕੀ ਤੁਸੀਂ (ਮੂਸਾ ਤੇ ਹਾਰੂਨ) ਸਾਡੇ ਕੋਲ ਇਸ ਲਈ ਆਏ ਹੋ ਕਿ ਸਾਨੂੰ ਉਸ ਰਾਹੋਂ ਹਟਾ ਦਿਓ ਜਿਸ 'ਤੇ ਅਸੀਂ ਆਪਣੇ ਪਿਓ ਦਾਦੇ (ਬਜ਼ੁਰਗਾਂ) ਨੂੰ ਵੇਖਿਆ ਸੀ ਅਤੇ ਤੁਹਾਨੂੰ ਦੋਵਾਂ ਨੂੰ ਸੰਸਾਰ ਵਿਚ ਸਰਦਾਰੀ ਮਿਲ ਜਾਵੇ? ਜਦ ਕਿ ਅਸੀਂ ਤੁਹਾਨੂੰ ਦੋਵਾਂ ਨੂੰ (ਰੱਬ ਦਾ ਰਸੂਲ) ਨਹੀਂ ਮੰਨਦੇ।

قَالُوْٓا اَجِئْتَنَا لِتَلْفِتَنَا عَمَّا وَجَدْنَا عَلَيْهِ اٰبَآءَنَا وَتَكُوْنَ لَكُمَا الْكِبْرِيَآءُ فِى الْاَرْضِ ؕ وَمَا نَحْنُ لَكُمَا بِمُؤْمِنِيْنَ ۝78

79 ਫ਼ਿਰਔਨ ਨੇ ਹੁਕਮ ਦਿੱਤਾ ਕਿ ਮੇਰੇ ਕੋਲ ਸਾਰੇ ਹੀ ਮਾਹਿਰ ਜਾਦੂਗਰਾਂ ਨੂੰ ਹਾਜ਼ਰ ਕਰੋ।

وَقَالَ فِرْعَوْنُ ائْتُونِي بِكُلِّ سَاحِرٍ عَلِيمٍ 79

80. ਜਦੋਂ ਜਾਦੂਗਰ ਆ ਗਏ ਤਾਂ ਮੂਸਾ ਨੇ ਉਹਨਾਂ (ਜਾਦੂਗਰਾਂ) ਨੂੰ ਕਿਹਾ ਕਿ ਜੋ ਤੁਸੀਂ (ਜਾਦੂ ਲਈ) ਸੁੱਟਣਾ ਚਾਹੁੰਦੇ ਹੋ ਉਸ ਨੂੰ ਸੁੱਟੋ।

فَلَمَّا جَاءَ السَّحَرَةُ قَالَ لَهُم مُّوسَىٰ أَلْقُوا
مَا أَنتُم مُّلْقُونَ 80

81. ਜਦੋਂ ਉਹਨਾਂ (ਜਾਦੂਗਰਾਂ) ਨੇ ਸੁੱਟਿਆ ਤਾਂ ਮੂਸਾ ਨੇ ਕਿਹਾ ਕਿ ਇਹ ਜੋ ਵੀ ਤੁਸੀਂ ਲਿਆਏ ਹੋ ਇਹ ਜਾਦੂ ਹੈ ਅੱਲਾਹ ਇਸ ਨੂੰ ਹੁਣੇ ਨਕਾਰ ਦੇਵੇਗਾ। ਅੱਲਾਹ ਫ਼ਸਾਦੀਆਂ ਦੇ ਕੰਮਾਂ ਨੂੰ ਸਫ਼ਲ ਹੋਣ ਨਹੀਂ ਦਿੰਦਾ।

فَلَمَّا أَلْقَوْا قَالَ مُوسَىٰ مَا جِئْتُم بِهِ السِّحْرُ ۖ إِنَّ
اللَّهَ سَيُبْطِلُهُ ۖ إِنَّ اللَّهَ لَا يُصْلِحُ عَمَلَ
الْمُفْسِدِينَ 81

82 ਅਤੇ ਅੱਲਾਹ ਸੱਚਾਈ ਨੂੰ ਆਪਣੇ ਫ਼ਰਮਾਨਾਂ ਰਾਹੀਂ ਸੱਚ ਸਿੱਧ ਕਰਦਾ ਹੈ ਭਾਵੇਂ ਅਪਰਾਧੀਆਂ ਨੂੰ ਕਿੰਨਾ ਹੀ ਨਾ-ਪਸੰਦ ਕਿਉਂ ਨਾ ਹੋਵੇ।

وَيُحِقُّ اللَّهُ الْحَقَّ بِكَلِمَاتِهِ وَلَوْ كَرِهَ
الْمُجْرِمُونَ 82

83. ਸੋ ਮੂਸਾ ਉੱਤੇ ਉਸ ਦੀ ਕੌਮ (ਫ਼ਿਰਔਨੀਆਂ) ਵਿੱਚੋਂ ਥੋੜ੍ਹੇ ਹੀ ਲੋਕੀ ਈਮਾਨ ਲਿਆਏ, ਉਹ ਵੀ ਫ਼ਿਰਔਨ ਅਤੇ ਆਪਣੇ ਅਧਿਕਾਰੀਆਂ ਤੋਂ ਡਰਦੇ ਡਰਦੇ ਕਿ ਇੰਜ ਨਾ ਹੋਵੇ ਕਿ ਉਹ ਉਹਨਾਂ ਨੂੰ ਤਸੀਹੇ ਦੇਣ। ਹਕੀਕਤ ਇਹੋ ਹੈ ਕਿ ਫ਼ਿਰਔਨ ਉਸ ਦੇਸ਼ ਮਿਸਰ ਵਿਚ ਸਰਕਸ਼ ਬਣਿਆ ਹੋਇਆ ਸੀ, ਬੇਸ਼ੱਕ ਉਹ ਹੱਦੋਂ ਟੱਪਿਆ ਹੋਇਆ ਸੀ।

فَمَا آمَنَ لِمُوسَىٰ إِلَّا ذُرِّيَّةٌ مِّن قَوْمِهِ عَلَىٰ خَوْفٍ
مِّن فِرْعَوْنَ وَمَلَئِهِمْ أَن يَفْتِنَهُمْ ۚ وَإِنَّ
فِرْعَوْنَ لَعَالٍ فِي الْأَرْضِ ۖ وَإِنَّهُ لَمِنَ
الْمُسْرِفِينَ 83

84. ਮੂਸਾ ਨੇ ਕਿਹਾ ਕਿ ਹੇ ਮੇਰੀ ਕੌਮ! ਜੇ ਤੁਸੀਂ ਅੱਲਾਹ 'ਤੇ ਈਮਾਨ ਲਿਆਏ ਹੋ ਤਾਂ ਉਸੇ 'ਤੇ ਭਰੋਸਾ ਰੱਖੋ ਜੇ ਤੁਸੀਂ ਆਗਿਆਕਾਰੀ ਹੋ।

وَقَالَ مُوسَىٰ يَا قَوْمِ إِن كُنتُمْ آمَنتُم بِاللَّهِ
فَعَلَيْهِ تَوَكَّلُوا إِن كُنتُم مُّسْلِمِينَ 84

85. ਉਹਨਾਂ (ਈਮਾਨ ਵਾਲਿਆਂ) ਨੇ ਕਿਹਾ ਕਿ ਅਸੀਂ ਅੱਲਾਹ 'ਤੇ ਹੀ ਭਰੋਸਾ ਕੀਤਾ ਹੈ। ਹੇ ਸਾਡੇ ਮਾਲਿਕ! ਤੂੰ ਸਾਨੂੰ ਇਹਨਾਂ ਜ਼ਾਲਮਾਂ ਦੇ ਹੱਥੋਂ ਅਜ਼ਮਾਇਸ਼ ਵਿਚ ਨਾ ਪਾਈਂ।

فَقَالُوا عَلَى اللَّهِ تَوَكَّلْنَا رَبَّنَا لَا تَجْعَلْنَا
فِتْنَةً لِّلْقَوْمِ الظَّالِمِينَ 85

86. ਅਤੇ ਤੂੰ ਸਾਨੂੰ ਆਪਣੀਆਂ ਮਿਹਰਾਂ ਸਦਕੇ ਕਾਫ਼ਿਰਾਂ ਤੋਂ ਛੁਟਕਾਰਾ ਦੇ।

وَنَجِّنَا بِرَحْمَتِكَ مِنَ الْقَوْمِ الْكٰفِرِيْنَ ۝٨٦

87. ਅਸੀਂ ਮੂਸਾ ਅਤੇ ਉਸ ਦੇ ਭਰਾ (ਹਾਰੂਨ) ਕੋਲ ਵਹੀ ਭੇਜੀ ਕਿ ਤੁਸੀਂ ਦੋਵੇਂ ਆਪਣੇ ਲਈ ਮਿਸਰ ਵਿਚ ਹੀ ਘਰ ਬਣਾਓ ਅਤੇ ਤੁਸੀਂ ਇਹਨਾਂ ਘਰਾਂ ਨੂੰ ਹੀ ਮਸੀਤਾਂ ਬਣਾ ਲਓ, ਨਮਾਜ਼ ਦੀ ਪਾਬੰਦੀ ਕਰੋ ਅਤੇ ਮੋਮਿਨਾਂ ਨੂੰ ਸਵਰਗ ਦੀਆਂ ਖ਼ੁਸ਼ਖ਼ਬਰੀਆਂ ਸੁਣਾ ਦਿਓ।

وَاَوْحَيْنَآ اِلٰى مُوْسٰى وَاَخِيْهِ اَنْ تَبَوَّاٰ
لِقَوْمِكُمَا بِمِصْرَ بُيُوْتًا وَّاجْعَلُوْا بُيُوْتَكُمْ قِبْلَةً
وَّاَقِيْمُوا الصَّلٰوةَ ؕ وَبَشِّرِ الْمُؤْمِنِيْنَ ۝٨٧

88. ਮੂਸਾ ਨੇ ਬੇਨਤੀ ਕੀਤੀ ਕਿ ਹੇ ਸਾਡੇ ਰੱਬਾ! ਤੂੰ ਫ਼ਿਰਔਨ ਤੇ ਉਸ (ਦੀ ਕੌਮ) ਦੇ ਸਰਦਾਰਾਂ ਨੂੰ ਸੰਸਾਰਿਕ ਜੀਵਨ ਵਿਚ ਕਿੰਨੀਆਂ ਹੀ ਸੋਹਣੀਆਂ ਚੀਜ਼ਾਂ ਤੇ ਧਨ-ਦੌਲਤ ਨਾਲ ਨਿਵਾਜ਼ਿਆ ਹੈ ਤਾਂ ਜੋ ਉਹ ਤੇਰੇ ਰਾਹ ਤੋਂ (ਲੋਕਾਂ ਨੂੰ) ਗੁਮਰਾਹ ਕਰਨ। ਹੇ ਰੱਬਾ! ਉਹਨਾਂ ਦੇ ਮਾਲਾਂ (ਧਨ ਪਦਾਰਥਾਂ) ਨੂੰ ਨਸ਼ਟ ਕਰਦੇ ਅਤੇ ਉਹਨਾਂ ਦੇ ਦਿਲਾਂ ਨੂੰ ਕਠੋਰ ਕਰ ਦੇ, ਇਹ ਈਮਾਨ ਨਹੀਂ ਲਿਆਉਣਗੇ ਜਦੋਂ ਤਕ ਕਿ ਦਰਦਨਾਕ ਅਜ਼ਾਬ ਨਾ ਵੇਖ ਲੈਣ।

وَقَالَ مُوْسٰى رَبَّنَآ اِنَّكَ اٰتَيْتَ فِرْعَوْنَ وَمَلَاَهٗ
زِيْنَةً وَّاَمْوَالًا فِى الْحَيٰوةِ الدُّنْيَا ۙ رَبَّنَا لِيُضِلُّوْا
عَنْ سَبِيْلِكَ ۚ رَبَّنَا اطْمِسْ عَلٰٓى اَمْوَالِهِمْ
وَاشْدُدْ عَلٰى قُلُوْبِهِمْ فَلَا يُؤْمِنُوْا حَتّٰى يَرَوُا
الْعَذَابَ الْاَلِيْمَ ۝٨٨

89. ਅੱਲਾਹ ਨੇ ਕਿਹਾ ਕਿ ਤੁਹਾਡੇ ਦੋਵਾਂ ਦੀ ਦੁਆ ਕਬੂਲ ਕਰ ਲਈ ਗਈ ਹੈ, ਸੋ ਤੁਸੀਂ ਸੱਚਾਈ ਦੀ ਰਾਹ 'ਤੇ ਦ੍ਰਿੜ ਰਹੋ ਤੁਸੀਂ ਉਹਨਾਂ ਦੀ ਰਾਹ ਉੱਤੇ ਨਹੀਂ ਚੱਲਣਾ ਜਿਨ੍ਹਾਂ ਨੂੰ ਗਿਆਨ ਹੀ ਨਹੀਂ।

قَالَ قَدْ اُجِيْبَتْ دَّعْوَتُكُمَا فَاسْتَقِيْمَا
وَلَا تَتَّبِعٰٓنِّ سَبِيْلَ الَّذِيْنَ لَا يَعْلَمُوْنَ ۝٨٩

90. ਅਸੀਂ ਬਨੀ ਇਸਰਾਈਲ ਨੂੰ (ਭਾਵ ਹਜ਼ਰਤ ਮੂਸਾ ਦੇ ਸਾਥੀਆਂ ਨੂੰ) ਦਰਿਆ ਤੋਂ ਪਾਰ ਲੰਘਾ ਦਿੱਤਾ ਅਤੇ ਉਸ ਦੇ ਪਿੱਛੇ ਫ਼ਿਰਔਨ ਤੇ ਉਸ ਦੀ ਫ਼ੌਜ ਨੇ ਜ਼ੁਲਮ ਕਰਨ ਦੇ ਇਰਾਦੇ ਨਾਲ ਉਹਨਾਂ ਦਾ ਪਿੱਛਾ ਕੀਤਾ। ਇੱਥੋਂ ਤਕ ਕਿ ਜਦੋਂ ਫ਼ਿਰਔਨ ਡੁੱਬਣ ਲੱਗਿਆ ਤਾਂ ਕਹਿਣ ਲੱਗਾ ਕਿ ਮੈਂ ਵੀ

وَجٰوَزْنَا بِبَنِيْٓ اِسْرَآءِيْلَ الْبَحْرَ فَاَتْبَعَهُمْ فِرْعَوْنُ
وَجُنُوْدُهٗ بَغْيًا وَّعَدْوًا ؕ حَتّٰٓى اِذَآ اَدْرَكَهُ الْغَرَقُ ۙ
قَالَ اٰمَنْتُ اَنَّهٗ لَآ اِلٰهَ اِلَّا الَّذِيْٓ اٰمَنَتْ
بِهٖ بَنُوْٓا اِسْرَآءِيْلَ وَاَنَا مِنَ الْمُسْلِمِيْنَ ۝٩٠

ਉਸ (ਅੱਲਾਹ) 'ਤੇ ਈਮਾਨ ਲਿਆਂਦਾ ਹੈ ਜਿਸ ਉੱਤੇ ਬਨੀ ਇਸਰਾਈਲ ਈਮਾਨ ਲਿਆਏ ਹਨ, ਉਸ (ਅੱਲਾਹ) ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ ਅਤੇ ਮੈਂ ਮੁਸਲਮਾਨਾਂ ਵਿੱਚੋਂ ਹੀ ਹਾਂ।

91 ਅੱਲਾਹ ਵੱਲੋਂ ਜਵਾਬ ਆਇਆ, ਕੀ ਹੁਣ ਈਮਾਨ ਲਿਆਇਆ ਹੈ? ਪਹਿਲਾਂ ਤਾਂ ਸਰਕਸ਼ੀ ਕਰਦਾ ਸੀ ਅਤੇ ਫ਼ਸਾਦੀਆਂ ਵਿੱਚੋਂ ਸੀ।

آٰلْـٰٔنَ وَقَدْ عَصَيْتَ قَبْلُ وَكُنتَ مِنَ
الْمُفْسِدِينَ ﴿٩١﴾

92. ਸੋ ਅੱਜ ਅਸੀਂ ਤੇਰੀ ਲਾਸ਼ ਨੂੰ ਸਮੁੰਦਰ 'ਚੋਂ ਕੱਢ ਕੇ ਸੁਰੱਖਿਅਤ ਰੱਖਾਂਗੇ ਤਾਂ ਜੋ ਤੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸਿੱਖਿਆ ਦਾਇਕ ਚਿੰਨ੍ਹ ਬਣ ਜਾਵੇਂ। ਬੇਸ਼ੱਕ ਬਥੇਰੇ ਲੋਕ ਹਨ ਜਿਹੜੇ ਸਾਡੀਆਂ ਨਿਸ਼ਾਨੀਆਂ ਤੋਂ ਬੇਸੁਰਤ ਹਨ।

فَالْيَوْمَ نُنَجِّيكَ بِبَدَنِكَ لِتَكُونَ لِمَنْ
خَلْفَكَ آيَةً ۚ وَإِنَّ كَثِيرًا مِّنَ النَّاسِ
عَنْ آيَاتِنَا لَغَافِلُونَ ﴿٩٢﴾

93. ਅਸੀਂ ਬਨੀ-ਇਸਰਾਈਲ ਨੂੰ ਰਹਿਣ ਲਈ ਬਹੁਤ ਹੀ ਵਧੀਆ ਟਿਕਾਣਾ ਦਿੱਤਾ ਅਤੇ ਖਾਣ ਲਈ ਪਵਿੱਤਰ ਚੀਜ਼ਾਂ ਦਿੱਤੀਆਂ ਉਹਨਾਂ ਵਿਚ ਕੋਈ ਮਤਭੇਦ ਵੀ ਨਹੀਂ ਸੀ, ਇੱਥੋਂ ਤਕ ਕਿ ਉਹਨਾਂ ਕੋਲ (ਰੱਬੀ) ਗਿਆਨ ਆ ਗਿਆ। (ਹੇ ਨਬੀ!) ਬੇਸ਼ੱਕ ਤੇਰਾ ਰੱਬ ਉਹਨਾਂ ਵਿਚਕਾਰ ਕਿਆਮਤ ਵਾਲੇ ਦਿਨ ਉਹਨਾਂ ਸਾਰੀਆਂ ਗੱਲਾਂ ਦਾ ਫ਼ੈਸਲਾ ਕਰ ਦੇਵੇਗਾ ਜਿਸ ਵਿਚ ਉਹ ਮਤਭੇਦ ਕਰਦੇ ਸਨ।

وَلَقَدْ بَوَّأْنَا بَنِي إِسْرَائِيلَ مُبَوَّأَ صِدْقٍ
وَرَزَقْنَاهُم مِّنَ الطَّيِّبَاتِ فَمَا اخْتَلَفُوا حَتَّىٰ
جَاءَهُمُ الْعِلْمُ ۚ إِنَّ رَبَّكَ يَقْضِي بَيْنَهُمْ يَوْمَ
الْقِيَامَةِ فِيمَا كَانُوا فِيهِ يَخْتَلِفُونَ ﴿٩٣﴾

94 ਜੇਕਰ ਤੁਸੀਂ (ਹੇ ਨਬੀ!) ਇਸ (ਕੁਰਆਨ) ਪ੍ਰਤੀ ਕਿਸੇ ਸ਼ੱਕ ਵਿਚ ਹੋਵੋਂ ਜਿਹੜਾ ਅਸੀਂ ਤੁਹਾਡੇ ਉੱਤੇ ਨਾਜ਼ਿਲ ਕੀਤਾ ਹੈ ਤਾਂ ਤੁਸੀਂ ਉਹਨਾਂ ਲੋਕਾਂ ਤੋਂ ਪੁੱਛ ਲਵੋ ਜਿਹੜੇ ਤੁਹਾਥੋਂ ਪਹਿਲੀਆਂ ਕਿਤਾਬਾਂ (ਤੌਰੈਤ, ਇੰਜੀਲ) ਨੂੰ ਪੜ੍ਹਦੇ ਹਨ ਕਿ ਬੇਸ਼ੱਕ ਤੁਹਾਡੇ ਕੋਲ ਤੁਹਾਡੇ ਰੱਬ ਵੱਲੋਂ ਹੱਕ ਆ ਗਿਆ

فَإِن كُنتَ فِي شَكٍّ مِّمَّا أَنزَلْنَا إِلَيْكَ فَاسْأَلِ
الَّذِينَ يَقْرَءُونَ الْكِتَابَ مِن قَبْلِكَ ۚ لَقَدْ جَاءَكَ
الْحَقُّ مِن رَّبِّكَ فَلَا تَكُونَنَّ مِنَ الْمُمْتَرِينَ ﴿٩٤﴾

ਹੈ। ਸੋ ਤੁਸੀਂ ਕਦੇ ਵੀ ਸ਼ੱਕ ਕਰਨ ਵਾਲਿਆਂ ਵਿੱਚੋਂ ਨਾ ਹੋ ਜਾਣਾ।[1]

وَلَا تَكُونَنَّ مِنَ الَّذِينَ كَذَّبُوا بِآيَاتِ اللَّهِ فَتَكُونَ مِنَ الْخَاسِرِينَ ﴿٩٥﴾

95. ਅਤੇ ਨਾ ਹੀ ਉਹਨਾਂ ਲੋਕਾਂ ਵਿੱਚ ਹੋਇਓ ਜਿਨ੍ਹਾਂ ਨੇ ਅੱਲਾਹ ਦੀਆਂ ਆਇਤਾਂ ਨੂੰ ਝੁਠਲਾਇਆ, ਨਹੀਂ ਤਾਂ ਤੁਸੀਂ ਵੀ ਘਾਟਾ ਖਾਣ ਵਾਲਿਆਂ ਵਿੱਚੋਂ ਹੋ ਜਾਓਗੇ।

إِنَّ الَّذِينَ حَقَّتْ عَلَيْهِمْ كَلِمَتُ رَبِّكَ لَا يُؤْمِنُونَ ﴿٩٦﴾

96. ਬੇਸ਼ੱਕ ਜਿਨ੍ਹਾਂ ਲੋਕਾਂ ਪ੍ਰਤੀ ਤੁਹਾਡੇ ਰੱਬ ਵੱਲੋਂ (ਅਜ਼ਾਬ ਦਾ) ਹੁਕਮ ਹੋ ਚੁੱਕਿਆ ਹੈ ਉਹ ਈਮਾਨ ਨਹੀਂ ਲਿਆਉਣਗੇ।

وَلَوْ جَاءَتْهُمْ كُلُّ آيَةٍ حَتَّىٰ يَرَوُا الْعَذَابَ الْأَلِيمَ ﴿٩٧﴾

97. ਭਾਵੇਂ ਉਹਨਾਂ ਕੋਲ ਸਾਰੀਆਂ ਹੀ ਨਿਸ਼ਾਨੀਆਂ ਕਿਉਂ ਨਾ ਆ ਜਾਣ, ਜਦੋਂ ਤੀਕ ਕਿ ਦੁਖਦਾਈ ਅਜ਼ਾਬ ਨੂੰ ਨਾ ਵੇਖ ਲੈਣ (ਉਹ ਈਮਾਨ ਨਹੀਂ ਲਿਆਉਣਗੇ)।

فَلَوْلَا كَانَتْ قَرْيَةٌ آمَنَتْ فَنَفَعَهَا إِيمَانُهَا إِلَّا قَوْمَ يُونُسَ لَمَّا آمَنُوا كَشَفْنَا عَنْهُمْ عَذَابَ الْخِزْيِ فِي الْحَيَاةِ الدُّنْيَا وَمَتَّعْنَاهُمْ إِلَىٰ حِينٍ ﴿٩٨﴾

98. ਸੋ ਕੋਈ ਵੀ ਬਸਤੀ (ਕੌਮ) ਅਜਿਹੀ ਨਹੀਂ ਜਿਹੜੀ ਅਜ਼ਾਬ ਤੋਂ ਪਹਿਲਾਂ ਈਮਾਨ ਲਿਆਈ ਹੋਵੇ, ਤਾਂ ਜੋ ਈਮਾਨ ਲਿਆਉਣ ਉਸ ਲਈ ਲਾਭਦਾਇਕ ਹੁੰਦਾ, ਛੁੱਟ ਯੂਨੁਸ ਦੀ ਕੌਮ ਤੋਂ, ਜਦੋਂ ਉਹ (ਯੂਨੁਸ ਦੀ ਕੌਮ ਅਜ਼ਾਬ ਨੂੰ ਵੇਖ ਕੇ) ਈਮਾਨ ਲਿਆਈ ਤਾਂ ਅਸੀਂ ਉਸ ਤੋਂ ਸੰਸਾਰਿਕ ਜੀਵਨ ਵਿਚ ਜ਼ਲੀਲ ਕਰਨ ਵਾਲਾ ਅਜ਼ਾਬ ਟਾਲ ਦਿੱਤਾ ਅਤੇ ਉਸ ਨੂੰ ਇਕ ਵਿਸ਼ੇਸ਼ ਸਮੇਂ ਲਈ ਜੀਵਨ ਦਾ ਲਾਭ ਉਠਾਉਣ ਲਈ ਮੋਹਲਤ ਦਿੱਤੀ।

وَلَوْ شَاءَ رَبُّكَ لَآمَنَ مَنْ فِي الْأَرْضِ كُلُّهُمْ جَمِيعًا ۚ أَفَأَنْتَ تُكْرِهُ النَّاسَ حَتَّىٰ يَكُونُوا مُؤْمِنِينَ ﴿٩٩﴾

99. ਜੇ ਤੁਹਾਡਾ ਰੱਬ ਚਾਹੁੰਦਾ ਤਾਂ ਧਰਤੀ ਦੇ ਸਾਰੇ ਹੀ ਵਾਸੀ ਈਮਾਨ ਲਿਆਉਂਦੇ। (ਹੇ ਮੁਹੰਮਦ!) ਕੀ ਤੁਸੀਂ ਲੋਕਾਂ ਨੂੰ ਮਜਬੂਰ ਕਰੋਗੇ ਕਿ ਉਹ ਈਮਾਨ ਵਾਲੇ ਬਣ ਜਾਣ?

---

1 ਵੇਖੋ ਸੂਰਤ ਅਲ-ਆਰਾਫ਼, ਹਾਸ਼ੀਆ ਆਇਤ 157/7

100. ਜਦੋਂ ਕਿ ਕਿਸੇ ਵੀ ਵਿਅਕਤੀ ਲਈ ਸੰਭਵ ਨਹੀਂ ਕਿ ਉਹ ਅੱਲਾਹ ਦੇ ਹੁਕਮ ਤੋਂ ਬਿਨਾਂ ਈਮਾਨ ਲੈ ਆਵੇ। ਉਹ (ਅੱਲਾਹ) ਉਹਨਾਂ ਲੋਕਾਂ ਉੱਤੇ (ਵਿਚਾਰਾਂ ਦੀ) ਗੰਦਗੀ ਪਾ ਦਿੰਦਾ ਹੈ ਜਿਹੜੇ ਅਕਲ ਤੋਂ ਕੰਮ ਨਹੀਂ ਲੈਂਦੇ।

وَمَا كَانَ لِنَفْسٍ أَنْ تُؤْمِنَ إِلَّا بِإِذْنِ اللَّهِ ۚ
وَيَجْعَلُ الرِّجْسَ عَلَى الَّذِينَ لَا يَعْقِلُونَ ﴿١٠٠﴾

101. (ਹੇ ਨਬੀ!) ਤੁਸੀਂ ਆਖੋ ਕਿ ਜੋ ਕੁੱਝ ਵੀ ਅਕਾਸ਼ਾਂ ਤੇ ਧਰਤੀ ਵਿਚ ਹੈ ਉਸ ਨੂੰ ਅੱਖਾਂ ਖੋਲ ਕੇ ਵੇਖੋ। ਜਿਹੜੇ ਲੋਕ ਈਮਾਨ ਨਹੀਂ ਲਿਆਉਂਦੇ ਉਹਨਾਂ ਲਈ ਇਹ ਨਿਸ਼ਾਨੀਆਂ ਤੇ ਚਿਤਾਵਨੀਆਂ ਲਾਹੇਵੰਦ ਨਹੀਂ ਹੋ ਸਕਦੀਆਂ।

قُلِ انْظُرُوا مَاذَا فِي السَّمَاوَاتِ وَالْأَرْضِ ۚ وَمَا
تُغْنِي الْآيَاتُ وَالنُّذُرُ عَنْ قَوْمٍ لَا يُؤْمِنُونَ ﴿١٠١﴾

102. ਹੁਣ ਇਹ ਲੋਕ ਵੀ ਉਹਨਾਂ ਬੀਤ ਚੁੱਕੇ ਭੈੜੇ ਦਿਨਾਂ ਦੀ ਉਡੀਕ ਕਰ ਰਹੇ ਹਨ ਜਿਹੜੇ ਇਹਨਾਂ ਤੋਂ ਪਹਿਲਾਂ ਲੋਕਾਂ ਉੱਤੇ ਬੀਤ ਚੁੱਕੇ ਹਨ (ਹੇ ਨਬੀ!) ਆਖ ਦਿਓ! ਕਿ ਚੰਗਾ ਤੁਸੀਂ ਵੀ ਉਡੀਕ ਕਰੋ ਮੈਂ ਵੀ ਤੁਹਾਡੇ ਨਾਲ ਉਡੀਕ ਕਰਨ ਵਾਲਿਆਂ ਵਿੱਚੋਂ ਹਾਂ।

فَهَلْ يَنْتَظِرُونَ إِلَّا مِثْلَ أَيَّامِ الَّذِينَ خَلَوْا
مِنْ قَبْلِهِمْ ۚ قُلْ فَانْتَظِرُوا إِنِّي مَعَكُمْ مِنَ
الْمُنْتَظِرِينَ ﴿١٠٢﴾

103. ਅਸੀਂ (ਅੱਲਾਹ) ਆਪਣੇ ਪੈਗ਼ੰਬਰਾਂ ਨੂੰ ਅਤੇ ਈਮਾਨ ਵਾਲਿਆਂ ਨੂੰ (ਅਜ਼ਾਬ ਤੋਂ) ਬਚਾ ਲੈਂਦੇ ਹਾਂ। ਇਹ ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਈਮਾਨ ਵਾਲਿਆਂ ਨੂੰ (ਅਜ਼ਾਬ ਤੋਂ) ਬਚਾਈਏ।

ثُمَّ نُنَجِّي رُسُلَنَا وَالَّذِينَ آمَنُوا ۚ كَذَٰلِكَ ۚ
حَقًّا عَلَيْنَا نُنْجِ الْمُؤْمِنِينَ ﴿١٠٣﴾

104. (ਹੇ ਨਬੀ ਸ.!) ਤੁਸੀਂ ਆਖ ਦਿਓ ਕਿ ਹੇ ਲੋਕੋ! ਜੇਕਰ ਤੁਸੀਂ ਮੇਰੇ ਧਰਮ ਸੰਬੰਧੀ ਕਿਸੇ ਸ਼ੱਕ ਵਿਚ ਹੋ ਤਾਂ ਸੁਣੋ ਕਿ ਮੈਂ ਉਹਨਾਂ ਇਸ਼ਟਾਂ ਦੀ ਪੂਜਾ ਨਹੀਂ ਕਰਦਾ ਜਿਨ੍ਹਾਂ ਦੀ ਪੂਜਾ ਤੁਸੀਂ ਅੱਲਾਹ ਨੂੰ ਛੱਡ ਕੇ ਕਰਦੇ ਹੋ, ਹਾਂ! ਮੈਂ ਤਾਂ ਉਸ ਅੱਲਾਹ ਦੀ ਇਬਾਦਤ ਕਰਦਾ ਹਾਂ ਜਿਹੜਾ ਤੁਹਾਡੇ ਪ੍ਰਾਣ ਕੱਢਦਾ ਹੈ ਅਤੇ ਮੈਨੂੰ ਇਹ ਹੁਕਮ ਹੋਇਆ ਹੈ ਕਿ ਮੈਂ ਈਮਾਨ ਲਿਆਉਣ ਵਾਲਿਆਂ ਨਾਲ ਰਲ ਜਾਵਾਂ।

قُلْ يَا أَيُّهَا النَّاسُ إِنْ كُنْتُمْ فِي شَكٍّ مِنْ دِينِي
فَلَا أَعْبُدُ الَّذِينَ تَعْبُدُونَ مِنْ دُونِ اللَّهِ وَلَٰكِنْ
أَعْبُدُ اللَّهَ الَّذِي يَتَوَفَّاكُمْ ۖ وَأُمِرْتُ أَنْ أَكُونَ
مِنَ الْمُؤْمِنِينَ ﴿١٠٤﴾

105. ਅਤੇ ਇਹ ਵੀ (ਹੁਕਮ ਹੋਇਆ ਹੈ) ਕਿ ਮੈਂ ਇਕ ਚਿੱਤ ਹੋ ਕੇ ਆਪਣੀ ਦਿਸ਼ਾ ਇਸਲਾਮ ਵੱਲ ਸਿੱਧੀ ਰੱਖਾਂ ਅਤੇ ਕਦੇ ਵੀ ਮੁਸ਼ਰਿਕਾਂ ਵਿਚ ਨਾ ਰਲਾਂ।

وَأَنْ أَقِمْ وَجْهَكَ لِلدِّينِ حَنِيفًا وَلَا تَكُونَنَّ
مِنَ الْمُشْرِكِينَ ﴿١٠٥﴾

106. ਤੁਸੀਂ ਅੱਲਾਹ ਨੂੰ ਛੱਡ ਕੇ ਉਹਨਾਂ ਨੂੰ ਨਾ ਸੱਦੋ ਜੋ ਨਾ ਤਾਂ ਤੁਹਾਨੂੰ ਕੋਈ ਲਾਭ ਪਹੁੰਚਾ ਸਕਦੇ ਹਨ ਅਤੇ ਨਾ ਹੀ ਕੋਈ ਨੁਕਸਾਨ ਪਹੁੰਚਾ ਸਕਦੇ ਹਨ। ਜੇ ਤੁਸੀਂ ਅਜਿਹਾ ਕਰੋਗੇ ਤਾਂ ਤੁਸੀਂ ਉਸ ਸਮੇਂ ਜ਼ਾਲਮਾਂ ਵਿਚ ਹੋ ਜਾਵੋਗੇ।[1]

وَلَا تَدْعُ مِنْ دُونِ اللَّهِ مَا لَا يَنْفَعُكَ وَلَا يَضُرُّكَ
فَإِنْ فَعَلْتَ فَإِنَّكَ إِذًا مِنَ الظَّالِمِينَ ﴿١٠٦﴾

107. ਜੇਕਰ ਅੱਲਾਹ ਤੁਹਾਨੂੰ ਕੋਈ ਤਕਲੀਫ਼ ਦੇਵੇ ਤਾਂ ਛੁੱਟ ਉਸ (ਅੱਲਾਹ) ਤੋਂ ਹੋਰ ਕੋਈ ਇਸ (ਬਿਪਤਾ) ਨੂੰ ਦੂਰ ਕਰਨ ਵਾਲਾ ਨਹੀਂ ਅਤੇ ਜੇ ਉਹ (ਅੱਲਾਹ) ਤੁਹਾਡੇ ਹੱਕ ਵਿਚ ਕਿਸੇ ਭਲਾਈ ਦਾ ਇਰਾਦਾ ਕਰੇ ਤਾਂ ਉਸ ਦੇ ਫ਼ਜ਼ਲਾਂ ਨੂੰ ਰੋਕਣ ਵਾਲਾ ਵੀ ਕੋਈ ਨਹੀਂ। ਉਹ ਆਪਣੇ ਬੰਦਿਆਂ ਵਿੱਚੋਂ ਜਿਸ ਨੂੰ ਚਾਹੁੰਦਾ ਹੈ ਆਪਣੇ ਫ਼ਜ਼ਲਾਂ ਨਿਵਾਜ਼ਦਾ ਹੈ। ਉਹ ਵੱਡਾ ਬਖ਼ਸ਼ਣਹਾਰ ਤੇ ਮਿਹਰਾਂ ਫ਼ਰਮਾਉਣ ਵਾਲਾ ਹੈ।

وَإِنْ يَمْسَسْكَ اللَّهُ بِضُرٍّ فَلَا كَاشِفَ لَهُ إِلَّا هُوَ
وَإِنْ يُرِدْكَ بِخَيْرٍ فَلَا رَادَّ لِفَضْلِهِ ۚ يُصِيبُ بِهِ
مَنْ يَشَاءُ مِنْ عِبَادِهِ ۚ وَهُوَ الْغَفُورُ الرَّحِيمُ ﴿١٠٧﴾

108. (ਹੇ ਮੁਹੰਮਦ ਸ:!) ਤੁਸੀਂ ਆਖ ਦਿਓ ਕਿ ਹੇ ਲੋਕੋ! ਤੁਹਾਡੇ ਕੋਲੋਂ ਤੁਹਾਡੇ ਰੱਬ ਵੱਲੋਂ ਹੱਕ ਸੱਚ ਆ ਗਿਆ ਹੈ। ਸੋ ਹੁਣ ਜਿਹੜਾ ਕੋਈ ਸਿੱਧੇ ਰਸਤੇ ਆ ਜਾਵੇ ਤਾਂ ਬੇਸ਼ੱਕ ਉਹ ਆਪਣੇ ਲਈ ਹੀ ਸਿੱਧੇ ਰਾਹ 'ਤੇ ਆਵੇਗਾ ਅਤੇ ਜਿਹੜਾ ਵਿਅਕਤੀ ਕੁਰਾਹੇ ਪਵੇਗਾ ਤਾਂ ਉਹ ਆਪਣੇ ਲਈ ਹੀ ਕੁਰਾਹੇ ਪਵੇਗਾ ਮੈਂ ਤੁਹਾਡਾ ਵਕੀਲ ਨਹੀਂ ਹਾਂ।

قُلْ يَا أَيُّهَا النَّاسُ قَدْ جَاءَكُمُ الْحَقُّ مِنْ رَبِّكُمْ
فَمَنِ اهْتَدَىٰ فَإِنَّمَا يَهْتَدِي لِنَفْسِهِ ۖ وَمَنْ ضَلَّ
فَإِنَّمَا يَضِلُّ عَلَيْهَا ۖ وَمَا أَنَا عَلَيْكُمْ بِوَكِيلٍ ﴿١٠٨﴾

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 165/2

وَاتَّبِعْ مَا يُوحَىٰ إِلَيْكَ وَاصْبِرْ حَتَّىٰ يَحْكُمَ
اللَّهُ ۚ وَهُوَ خَيْرُ الْحَاكِمِينَ ﴿١٠٩﴾

109. ਹੇ ਮੁਹੰਮਦ ਸ.! ਤੁਹਾਡੇ ਵੱਲ ਜਿਹੜੀ ਵਹੀ ਭੇਜੀ ਜਾਂਦੀ ਹੈ ਤੁਸੀਂ ਉਸ ਦੀ ਹੀ ਪੈਰਵੀ ਕਰੋ ਅਤੇ (ਕਠਨਾਈਆਂ ਆਉਣ 'ਤੇ) ਸਬਰ ਤੋਂ ਕੰਮ ਲਵੋ ਇੱਥੋਂ ਤਕ ਕਿ ਅੱਲਾਹ ਕੋਈ ਫ਼ੈਸਲਾ ਕਰ ਦੇਵੇ ਅਤੇ ਉਹੀਓ ਸਭ ਤੋਂ ਵਧੀਆ ਫ਼ੈਸਲਾ ਕਰਨ ਵਾਲਾ ਹੈ।

11. ਸੂਰਤ ਹੂਦ (ਮੱਕੀ-52)

سُورَةُ هُودٍ

(ਆਇਤਾਂ 123, ਰੁਕੂਅ 10)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

الٓر ۚ كِتَابٌ أُحْكِمَتْ آيَاتُهُ ثُمَّ فُصِّلَتْ مِن لَّدُنْ
حَكِيمٍ خَبِيرٍ ﴿١﴾

1. ਅਲਿਫ਼, ਲਾਮ, ਰਾ। ਇਹ ਉਹ ਕਿਤਾਬ ਹੈ ਜਿਸ ਦੀਆਂ ਆਇਤਾਂ ਪੱਕੀਆਂ (ਅਟੱਲ) ਕਰ ਰੱਖੀਆਂ ਹਨ, ਵਿਸਥਾਰ ਨਾਲ ਵਰਣਨ ਕੀਤੀਆਂ ਗਈਆਂ ਹਨ, ਬਹੁਤ ਹੀ ਡੂੰਘੀ ਸਿਆਣਪ ਤੇ ਜਾਣਨਹਾਰ ਹਸਤੀ ਵੱਲੋਂ (ਨਾਜ਼ਿਲ ਹੋਈਆਂ) ਹਨ।

أَلَّا تَعْبُدُوا إِلَّا اللَّهَ ۚ إِنَّنِي لَكُم مِّنْهُ
نَذِيرٌ وَبَشِيرٌ ﴿٢﴾

2. ਤੁਸੀਂ ਅੱਲਾਹ ਤੋਂ ਛੁੱਟ ਹੋਰ ਕਿਸੇ ਦੀ ਇਬਾਦਤ ਨਾ ਕਰੋ। ਮੈਂ (ਮੁਹੰਮਦ) ਤੁਹਾਡੇ ਲਈ ਉਸੇ (ਹਸਤੀ) ਵੱਲੋਂ ਡਰਾਉਣ ਲਈ ਤੇ ਖ਼ੁਸ਼ਖ਼ਬਰੀ ਦੇਣ ਆਇਆ ਹਾਂ।

وَأَنِ اسْتَغْفِرُوا رَبَّكُمْ ثُمَّ تُوبُوا إِلَيْهِ يُمَتِّعْكُم
مَّتَاعًا حَسَنًا إِلَىٰ أَجَلٍ مُّسَمًّى وَيُؤْتِ كُلَّ ذِي
فَضْلٍ فَضْلَهُ ۖ وَإِن تَوَلَّوْا فَإِنِّي أَخَافُ عَلَيْكُمْ
عَذَابَ يَوْمٍ كَبِيرٍ ﴿٣﴾

3. ਅਤੇ ਇਹ ਵੀ ਦੱਸਾਂ ਕਿ ਤੁਸੀਂ ਆਪਣੇ ਗੁਨਾਹਾਂ ਦੀ ਬਖ਼ਸ਼ਿਸ਼ ਲਈ ਆਪਣੇ ਰੱਬ ਤੋਂ ਅਰਦਾਸ ਕਰੋ। ਫੇਰ ਉਸੇ ਵੱਲ ਪਰਤ ਆਓ, ਉਹ (ਅੱਲਾਹ) ਤੁਹਾਨੂੰ ਇਕ ਨਿਸ਼ਚਿਤ ਸਮੇਂ ਲਈ ਜੀਵਨ ਸਮੱਗਰੀ ਦੇਵੇਗਾ ਅਤੇ ਹਰ ਵੱਧ (ਨੇਕ)

ਅਮਲ ਕਰਨ ਵਾਲੇ ਨੂੰ ਵਧੇਰੇ ਬਦਲਾ ਦੇਵੇਗਾ ਜੇ ਤੁਸੀਂ ਇਸ (ਰੱਖ) ਤੋਂ ਮੂੰਹ ਮੋੜਦੇ ਰਹੇ ਤਾਂ ਮੈਂ ਤੁਹਾਡੇ ਬਾਰੇ ਇਕ ਵੱਡੇ ਦਿਨ (ਕਿਆਮਤ) ਦੇ ਅਜ਼ਾਬ ਤੋਂ ਡਰਦਾ ਹਾਂ।

إِلَى اللَّهِ مَرْجِعُكُمْ ۖ وَهُوَ عَلَىٰ كُلِّ شَيْءٍ قَدِيرٌ (٤)

4. ਤੁਸੀਂ ਸਾਰਿਆਂ ਨੇ ਮੁੜ ਅੱਲਾਹ ਕੋਲ ਹੀ ਜਾਣਾ ਹੈ ਅਤੇ ਉਹ ਹਰ ਸ਼ੈਅ 'ਤੇ ਪੂਰੀ ਕੁਦਰਤ ਰੱਖਦਾ ਹੈ।

أَلَا إِنَّهُمْ يَثْنُونَ صُدُورَهُمْ لِيَسْتَخْفُوا مِنْهُ ۚ
أَلَا حِينَ يَسْتَغْشُونَ ثِيَابَهُمْ يَعْلَمُ مَا يُسِرُّونَ
وَمَا يُعْلِنُونَ ۚ إِنَّهُ عَلِيمٌ بِذَاتِ الصُّدُورِ (٥)

5. ਵੇਖੋ ਇਹ ਲੋਕ ਆਪਣੀਆਂ ਹਿੱਕਾਂ ਨੂੰ ਦੂਹਰਾ ਕਰਦੇ ਹਨ ਤਾਂ ਜੋ ਅੱਲਾਹ ਤੋਂ ਲੁਕ ਜਾਣ। ਯਾਦ ਰੱਖੋ ਕਿ ਜਦੋਂ ਉਹ ਲਿਬਾਸ ਪਾਉਂਦੇ ਹਨ ਉਸ ਸਮੇਂ ਵੀ ਅੱਲਾਹ ਜਾਣਦਾ ਹੈ, ਜੋ ਉਹ ਗੁਪਤ ਰੱਖਦੇ ਹਨ ਅਤੇ ਜ਼ਾਹਿਰ ਕਰਦੇ ਹਨ, ਉਹ ਵੀ ਅੱਲਾਹ ਜਾਣਦਾ ਹੈ। ਬੇਸ਼ੱਕ ਉਹ ਤਾਂ ਦਿਲਾਂ ਦੇ ਭੇਤ ਵੀ ਜਾਣਦਾ ਹੈ।

6. ਧਰਤੀ 'ਤੇ ਤੁਰਨ ਫਿਰਨ ਵਾਲੇ ਹਰ ਜੀਵ ਦੀ ਰੋਜ਼ੀ ਅੱਲਾਹ ਦੇ ਜ਼ਿੰਮੇ ਹੈ ਉਹ ਉਹਨਾਂ ਦੀ ਰਹਿਣ ਦੀ ਥਾਂ ਅਤੇ ਉਹਨਾਂ ਦੇ ਦੱਬਣ (ਭਾਵ ਮਰਨ ਦੀ) ਦੀ ਥਾਂ ਵੀ ਜਾਣਦਾ ਹੈ। ਸਾਰਾ ਕੁੱਝ ਇਕ ਸਪਸ਼ਟ ਕਿਤਾਬ (ਲੌਹੇ-ਮਹਫ਼ੂਜ਼) ਵਿਚ ਦਰਜ ਹੈ।

وَمَا مِن دَآبَّةٍ فِي ٱلْأَرْضِ إِلَّا عَلَى ٱللَّهِ
رِزْقُهَا وَيَعْلَمُ مُسْتَقَرَّهَا وَمُسْتَوْدَعَهَا ۚ
كُلٌّ فِي كِتَٰبٍ مُّبِينٍ ٦

7. ਅੱਲਾਹ ਉਹੀਓ ਹੈ ਜਿਸ ਨੇ ਅਕਾਸ਼ਾਂ ਤੇ ਧਰਤੀ ਨੂੰ ਛੇਹਾਂ ਦਿਨਾਂ ਵਿਚ ਪੈਦਾ ਕੀਤਾ ਅਤੇ (ਉਸ ਸਮੇਂ) ਉਸ ਦਾ ਤਖ਼ਤ ਪਾਣੀ 'ਤੇ ਸੀ ਤਾਂ ਜੋ ਤੁਹਾਨੂੰ ਪਰਖੇ ਕਿ ਤੁਹਾਡੇ ਵਿੱਚੋਂ ਕਿਹੜਾ ਚੰਗੇ ਕੰਮ ਕਰਦਾ ਹੈ। (ਹੇ ਨਬੀ!) ਜੇ ਤੁਸੀਂ ਆਖੋ ਕਿ ਤੁਸੀਂ ਮਰਨ ਮਗਰੋਂ ਮੁੜ ਜੀਵਤ ਕੀਤੇ ਜਾਵੋਗੇ ਤਾਂ ਕਾਫ਼ਿਰ ਜ਼ਰੂਰ ਇਹੋ ਜਵਾਬ ਦੇਣਗੇ ਕਿ ਇਹ ਤਾਂ ਸਾਫ਼ ਜਾਦੂਗਰੀ ਹੈ।

وَهُوَ ٱلَّذِي خَلَقَ ٱلسَّمَٰوَٰتِ وَٱلْأَرْضَ فِي سِتَّةِ
أَيَّامٍ وَكَانَ عَرْشُهُۥ عَلَى ٱلْمَآءِ لِيَبْلُوَكُمْ أَيُّكُمْ
أَحْسَنُ عَمَلًا ۗ وَلَئِن قُلْتَ إِنَّكُم مَّبْعُوثُونَ مِنۢ
بَعْدِ ٱلْمَوْتِ لَيَقُولَنَّ ٱلَّذِينَ كَفَرُوٓا۟ إِنْ هَٰذَآ
إِلَّا سِحْرٌ مُّبِينٌ ٧

8. ਜੇ ਅਸੀਂ ਇਹਨਾਂ (ਕਾਫ਼ਿਰਾਂ) ਤੋਂ ਅਜ਼ਾਬ ਨੂੰ ਇਕ ਵਿਸ਼ੇਸ਼ ਮੁੱਦਤ ਤਕ ਲਈ ਟਾਲ ਦੇਈਏ ਤਾਂ ਇਹ (ਕਾਫ਼ਿਰ) ਜ਼ਰੂਰ ਆਖਦੇ ਕਿ ਅਜ਼ਾਬ ਨੂੰ ਕਿਹੜੀ ਚੀਜ਼ ਨੇ ਰੋਕਿਆ ਹੋਇਆ ਹੈ। ਸੁਣੋ ਜਿਸ ਦਿਨ ਉਹ (ਅਜ਼ਾਬ) ਇਹਨਾਂ ਕੋਲ ਆਵੇਗਾ ਫੇਰ ਇਹਨਾਂ ਤੋਂ ਟਲੇਗਾ ਨਹੀਂ, ਜਿਸ ਦਾ ਇਹ ਮਖ਼ੌਲ ਕਰਿਆ ਕਰਦੇ ਸੀ ਉਹੀਓ ਇਹਨਾਂ ਨੂੰ ਘੇਰ ਲਵੇਗਾ।

وَلَئِنْ أَخَّرْنَا عَنْهُمُ ٱلْعَذَابَ إِلَىٰٓ أُمَّةٍ مَّعْدُودَةٍ
لَّيَقُولُنَّ مَا يَحْبِسُهُۥٓ ۗ أَلَا يَوْمَ يَأْتِيهِمْ لَيْسَ
مَصْرُوفًا عَنْهُمْ وَحَاقَ بِهِم مَّا كَانُوا۟ بِهِۦ
يَسْتَهْزِءُونَ ٨

[1] ਇਸ ਦੀ ਪੁਸ਼ਟੀ ਹਦੀਸ ਤੋਂ ਵੀ ਹੁੰਦੀ ਹੈ, ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਅੱਲਾਹ ਦੇ ਸੱਜਾ ਹੱਥ ਭਰਿਆ ਹੋਇਆ ਹੈ ਦਿਨ ਰਾਤ ਦਾ ਖ਼ਰਚ ਵੀ ਉਸ ਨੂੰ ਹੌਲਾ ਨਹੀਂ ਕਰਦਾ। ਕੀ ਤੁਸੀਂ ਨਹੀਂ ਵੇਖਿਆ ਜਦੋਂ ਤੋਂ ਜ਼ਮੀਨ ਤੇ ਅਸਮਾਨ ਸਾਜੇ ਹਨ ਉਸ ਇਸ ਵਿੱਚੋਂ ਕਿੰਨਾ ਖ਼ਰਚ ਕਰ ਚੁੱਕਿਆ ਹੈ। ਪਰ ਜੋ ਕੁਝ ਉਸ ਦੇ ਹੱਥ ਵਿਚ ਹੈ ਉਸ ਵਿਚ ਵੀ ਕੋਈ ਕਮੀ ਨਹੀਂ ਹੋਈ ਅਤੇ ਉਸ ਦਾ ਅਰਸ਼ ਪਾਣੀ ਉੱਤੇ ਸੀ ਅਤੇ ਉਸ ਦੇ ਦੂਜੇ ਹੱਥ ਵਿਚ ਵੀ ਫ਼ੈਸਲਿਆਂ ਜਾਂ ਜਾਨਾ ਦਾ ਕੱਢਣਾ ਹੈ ਅਤੇ ਉਹ ਕੁਝ ਲੋਕਾਂ ਨੂੰ ਵਡਿਆਈ ਦਿੰਦਾ ਹੈ ਅਤੇ ਕੁਝ ਨੂੰ ਹੀਣਾ ਕਰਦਾ ਹੈ। (ਸਹੀ ਬੁਖ਼ਾਰੀ, ਹਦੀਸ: 7419)

9. ਜੇ ਅਸੀਂ ਮਨੁੱਖ ਨੂੰ ਆਪਣੀ ਕਿਸੇ ਨਿਅਮਤ ਤੋਂ ਨਿਵਾਜਦੇ ਹਾਂ ਫੇਰ ਮਗਰੋਂ ਉਸ ਨਿਅਮਤ ਤੋਂ ਵਾਂਝਿਆਂ ਕਰ ਦਈਏ ਤਾਂ ਉਹ (ਮਨੁੱਖ) ਬਹੁਤ ਹੀ ਨਿਰਾਸ਼ ਅਤੇ ਬਹੁਤ ਹੀ ਨਾਸ਼ੁਕਰਾ ਬਣ ਜਾਂਦਾ ਹੈ।

وَلَئِنْ أَذَقْنَا الْإِنسَانَ مِنَّا رَحْمَةً ثُمَّ نَزَعْنَاهَا مِنْهُ إِنَّهُ لَيَئُوسٌ كَفُورٌ (٩)

10. ਜੇ ਅਸੀਂ (ਅੱਲਾਹ) ਉਸ ਨੂੰ ਬਿਪਤਾ ਦੇਣ ਮਗਰੋਂ ਆਪਣੀਆਂ ਨਿਅਮਤਾਂ ਦਾ ਸੁਆਦ ਚਖਾਉਂਦੇ ਹਾਂ ਤਾਂ ਉਹ ਆਖਣ ਲੱਗਦਾ ਹੈ ਕਿ ਹੁਣ ਮੇਰੀਆਂ ਪਰੇਸ਼ਾਨੀਆਂ ਦੂਰ ਹੋ ਗਈਆਂ। ਬੇਸ਼ੱਕ ਉਹ (ਉਸ ਸਮੇਂ) ਸ਼ੇਖ਼ੀਆਂ ਮਾਰਨ ਲੱਗ ਜਾਂਦਾ ਹੈ ਤੇ ਘਮੰਡ ਵੀ ਕਰਦਾ ਹੈ।

وَلَئِنْ أَذَقْنَاهُ نَعْمَاءَ بَعْدَ ضَرَّاءَ مَسَّتْهُ لَيَقُولَنَّ ذَهَبَ السَّيِّئَاتُ عَنِّي ۚ إِنَّهُ لَفَرِحٌ فَخُورٌ (10)

11. ਪਰ ਜਿਹੜੇ ਲੋਕ ਧੀਰਜ ਰੱਖਦੇ ਹਨ ਅਤੇ ਨੇਕ ਕੰਮ ਕਰਦੇ ਹਨ ਉਹਨਾਂ ਲਈ ਹੀ ਬਖ਼ਸ਼ਿਸ਼ ਹੈ ਅਤੇ ਬਹੁਤ ਹੀ ਵੱਡਾ ਬਦਲਾ ਵੀ ਹੈ।

إِلَّا الَّذِينَ صَبَرُوا وَعَمِلُوا الصَّالِحَاتِ أُولَٰئِكَ لَهُم مَّغْفِرَةٌ وَأَجْرٌ كَبِيرٌ (١١)

12. (ਹੇ ਮੁਹੰਮਦ ਸ:!) ਹੋ ਸਕਦਾ ਹੈ ਕਿ ਤੁਸੀਂ ਇਸ ਵਹੀ ਦੇ ਕੁੱਝ ਭਾਗ ਨੂੰ ਜਿਹੜੀ ਤੁਹਾਡੇ ਵੱਲ ਨਾਜ਼ਿਲ ਕੀਤੀ ਗਈ ਹੈ (ਵਰਣਨ ਕਰਨ ਤੋਂ) ਛੱਡ ਦਿਓ। ਤੁਹਾਡਾ ਦਿਲ ਤੰਗੀ ਮਹਿਸੂਸ ਕਰ ਰਿਹਾ ਹੋਵੇ। ਕਿ ਇਹ ਕਾਫ਼ਿਰ ਆਖਣਗੇ ਕਿ ਤੁਹਾਡੇ 'ਤੇ ਕੋਈ ਖ਼ਜ਼ਾਨਾ ਕਿਉਂ ਨਹੀਂ ਉਤਾਰਿਆ ਗਿਆ ਜਾਂ ਇਹਨਾਂ (ਮੁਹੰਮਦ ਸ:) ਦੇ ਸੰਗ ਕੋਈ ਫ਼ਰਿਸ਼ਤਾ ਕਿਉਂ ਨਹੀ ਆਇਆ (ਹੇ ਨਬੀ!) ਸੁਣ ਲਵੋ ਕਿ ਤੁਸੀਂ ਤਾਂ ਕੇਵਲ (ਅੱਲਾਹ ਦੇ ਅਜ਼ਾਬ ਤੋਂ) ਡਰਾਉਣ ਵਾਲੇ ਹੋ ਅੱਲਾਹ ਹਰ ਚੀਜ਼ ਦੀ ਨਿਗਰਾਨੀ ਕਰ ਰਿਹਾ ਹੈ।

فَلَعَلَّكَ تَارِكٌ بَعْضَ مَا يُوحَىٰ إِلَيْكَ وَضَائِقٌ بِهِ صَدْرُكَ أَن يَقُولُوا لَوْلَا أُنزِلَ عَلَيْهِ كَنزٌ أَوْ جَاءَ مَعَهُ مَلَكٌ ۚ إِنَّمَا أَنتَ نَذِيرٌ ۚ وَاللَّهُ عَلَىٰ كُلِّ شَيْءٍ وَكِيلٌ (12)

13. ਕੀ ਉਹ (ਕਾਫ਼ਿਰ) ਆਖਦੇ ਹਨ ਕਿ ਇਸ ਨੇ ਇਹ .ਕੁਰਆਨ ਆਪ ਹੀ ਘੜ੍ਹ ਲਿਆ ਹੈ? (ਹੇ ਨਬੀ! ਕਾਫ਼ਿਰਾਂ ਨੂੰ) ਆਖ ਦਿਓ ਕਿ ਫੇਰ ਤੁਸੀਂ ਵੀ ਇਹਨਾਂ ਵਰਗੀਆਂ ਦੱਸ ਆਇਤਾਂ ਘੜ ਲਿਆਓ ਅਤੇ ਛੁੱਟ ਅੱਲਾਹ ਤੋਂ (ਆਪਣੀ ਮਦਦ ਲਈ)

أَمْ يَقُولُونَ افْتَرَاهُ ۖ قُلْ فَأْتُوا بِعَشْرِ سُوَرٍ مِّثْلِهِ مُفْتَرَيَاتٍ وَادْعُوا مَنِ اسْتَطَعْتُم مِّن دُونِ اللَّهِ إِن كُنتُمْ صَادِقِينَ (13)

ਜਿਸ ਨੂੰ ਬੁਲਾ ਸਕਦੇ ਹੋ ਬੁਲਾ ਲਵੋ, ਜੇ ਤੁਸੀਂ ਆਪਣੀ ਗੱਲ ਵਿਚ ਸੱਚੇ ਹੋ।

14. ਫੇਰ ਜੇ ਉਹ ਕਾਫ਼ਿਰ ਤੁਹਾਨੂੰ ਕੋਈ ਜਵਾਬ ਨਾ ਦੇਣ ਤਾਂ ਜਾਣ ਲਓ ਕਿ ਇਹ (ਕੁਰਆਨ) ਅੱਲਾਹ ਦੇ ਗਿਆਨ ਅਨੁਸਾਰ ਹੀ ਉਤਾਰਿਆ ਗਿਆ ਹੈ ਅਤੇ ਅੱਲਾਹ ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ। (ਹੇ ਲੋਕੋ!) ਕੀ ਤੁਸੀਂ (ਇਹ ਸਭ ਜਾਣਨ ਤੋਂ ਬਾਅਦ) ਮੁਸਲਮਾਨ ਬਣਦੇ ਹੋ?

فَإِلَّمْ يَسْتَجِيبُوا لَكُمْ فَاعْلَمُوا أَنَّمَا أُنْزِلَ بِعِلْمِ
اللَّهِ وَأَنْ لَا إِلَٰهَ إِلَّا هُوَ ۖ فَهَلْ أَنْتُمْ مُسْلِمُونَ ١٤

15. ਜਿਹੜੇ ਲੋਕੀ ਸੰਸਾਰਿਕ ਜੀਵਨ ਤੇ ਇਸ ਦੀ ਖ਼ੂਬਸੂਰਤੀ ਚਾਹੁੰਦੇ ਹਨ ਅਸੀਂ ਉਹਨਾਂ ਦੇ ਕਰਮਾਂ ਦਾ ਬਦਲਾ ਇਸੇ ਸੰਸਾਰ ਵਿਚ ਹੀ ਦੇ ਛੱਡਦੇ ਹਾਂ ਅਤੇ ਉਹਨਾਂ ਦਾ ਹੱਕ ਨਹੀਂ ਮਾਰਿਆ ਜਾਂਦਾ।

مَنْ كَانَ يُرِيدُ الْحَيَاةَ الدُّنْيَا وَزِينَتَهَا نُوَفِّ
إِلَيْهِمْ أَعْمَالَهُمْ فِيهَا وَهُمْ فِيهَا لَا يُبْخَسُونَ ١٥

16. ਇਹੋ ਉਹ ਲੋਕ ਹਨ ਜਿਨ੍ਹਾਂ ਲਈ ਆਖ਼ਿਰਤ ਵਿਚ ਛੁੱਟ ਅੱਗ ਤੋਂ ਹੋਰ ਕੁੱਝ ਵੀ ਨਹੀਂ, ਜੋ ਕੁੱਝ ਉਹਨਾਂ ਨੇ ਸੰਸਾਰ ਵਿਚ ਕਮਾਈ ਕੀਤੀ ਸੀ ਉਹ ਸਭ ਬਰਬਾਦ ਹੋ ਗਈ ਅਤੇ ਜੋ ਵੀ ਉਹ ਅਮਲ ਕਰਦੇ ਰਹੇ ਉਹ ਵੀ ਅਜਾਈਂ ਗਏ।

أُولَٰئِكَ الَّذِينَ لَيْسَ لَهُمْ فِي الْآخِرَةِ
إِلَّا النَّارُ ۖ وَحَبِطَ مَا صَنَعُوا فِيهَا وَبَاطِلٌ
مَا كَانُوا يَعْمَلُونَ ١٦

17. ਕੀ ਭਲਾਂ ਉਹ ਵਿਅਕਤੀ (ਕੁਰਆਨ ਦਾ ਇਨਕਾਰ ਕਰ ਸਕਦਾ ਹੈ?) ਜਿਹੜਾ ਆਪਣੇ ਰੱਬ ਵੱਲੋਂ ਬਖ਼ਸ਼ੀ ਹੋਈ ਦਲੀਲ 'ਤੇ ਕਾਇਮ ਹੋਵੇ ਅਤੇ ਇਸ ਦੇ ਨਾਲ ਅੱਲਾਹ ਵੱਲੋਂ ਇਕ ਗਵਾਹ (ਵਜੋਂ ਕੁਰਆਨ) ਵੀ ਹੋਵੇ, ਜਦ ਕਿ ਇਸ ਤੋਂ ਪਹਿਲਾਂ ਮੂਸਾ ਦੀ ਕਿਤਾਬ (ਤੌਰੈਤ) ਵੀ ਮਾਰਗ ਦਰਸ਼ਨ ਤੇ ਮਿਹਰਾਂ ਦੇ ਰੂਪ ਵਿਚ ਰਹੀ ਹੈ। ਇਹੋ ਉਹ ਲੋਕ ਹਨ ਜਿਹੜੇ ਇਸ (ਕੁਰਆਨ) 'ਤੇ ਈਮਾਨ ਰੱਖਦੇ ਹਨ ਅਤੇ ਇਹਨਾਂ ਸਾਰੇ ਮਨੁੱਖੀ ਧੜਿਆਂ ਵਿੱਚੋਂ ਜੋ ਵੀ ਇਸ (ਕੁਰਆਨ) ਦਾ ਇਨਕਾਰੀ ਹੋਵੇਗਾ ਉਸ ਦਾ

أَفَمَنْ كَانَ عَلَىٰ بَيِّنَةٍ مِنْ رَبِّهِ وَيَتْلُوهُ شَاهِدٌ
مِنْهُ وَمِنْ قَبْلِهِ كِتَابُ مُوسَىٰ إِمَامًا وَرَحْمَةً ۚ
أُولَٰئِكَ يُؤْمِنُونَ بِهِ ۚ وَمَنْ يَكْفُرْ بِهِ مِنَ الْأَحْزَابِ
فَالنَّارُ مَوْعِدُهُ ۚ فَلَا تَكُ فِي مِرْيَةٍ مِنْهُ ۚ إِنَّهُ
الْحَقُّ مِنْ رَبِّكَ وَلَٰكِنَّ أَكْثَرَ النَّاسِ
لَا يُؤْمِنُونَ ١٧

ਟਿਕਾਣਾ ਅੱਗ ਹੈ।[1] (ਹੇ ਨਬੀ ਸ:!) ਤੁਸੀਂ ਕਿਸੇ ਪ੍ਰਕਾਰ ਦੇ ਸ਼ੱਕ ਸ਼ੁਬਹੇ ਵਿਚ ਨਹੀਂ ਪੈਣਾ। ਇਹ ਕੁਰਆਨ ਤੁਹਾਡੇ ਪਾਲਣਹਾਰ ਵੱਲੋਂ ਹੱਕ (ਤੇ ਆਧਾਰਿਤ) ਹੈ ਪਰ ਵਧੇਰੇ ਲੋਕ ਨਹੀਂ ਮੰਨਦੇ।

18. ਉਸ ਵਿਅਕਤੀ ਤੋਂ ਵਧਕੇ ਜ਼ਾਲਮ ਕੌਣ ਹੋਵੇਗਾ ਜਿਹੜਾ ਅੱਲਾਹ 'ਤੇ ਹੀ ਝੂਠ ਘੜੇ? ਇਹ ਸਾਰੇ ਲੋਕ ਅੱਲਾਹ ਦੇ ਹਜ਼ੂਰ ਪੇਸ਼ ਕੀਤੇ ਜਾਣਗੇ ਅਤੇ (ਫ਼ਰਿਸ਼ਤੇ) ਗਵਾਹੀ ਦੇਣਗੇ ਕਿ ਇਹ ਉਹ ਲੋਕ ਹਨ ਜਿਨ੍ਹਾਂ ਨੇ ਆਪਣੇ ਰੱਬ 'ਤੇ ਝੂਠ ਜੜ੍ਹਿਆ ਸੀ। ਸੁਣ ਲਓ! ਅੱਲਾਹ ਦੀ ਫਿਟਕਾਰ ਜ਼ਾਲਮਾਂ ਲਈ ਹੈ।[2]

وَمَنْ أَظْلَمُ مِمَّنِ افْتَرَىٰ عَلَى اللَّهِ كَذِبًا ۚ
أُولَٰئِكَ يُعْرَضُونَ عَلَىٰ رَبِّهِمْ وَيَقُولُ الْأَشْهَادُ
هَٰؤُلَاءِ الَّذِينَ كَذَبُوا عَلَىٰ رَبِّهِمْ ۚ أَلَا لَعْنَةُ
اللَّهِ عَلَى الظَّالِمِينَ ﴿١٨﴾

19. ਜਿਹੜੇ ਲੋਕਾਂ ਨੂੰ ਅੱਲਾਹ ਦੀ ਰਾਹ ਤੋਂ ਰੋਕਦੇ ਹਨ ਅਤੇ ਇਸ (ਰਾਹ) ਵਿਚ ਵਿੰਗ-ਵਲ ਲੱਭਦੇ ਹਨ ਇਹੋ ਆਖ਼ਿਰਤ ਦੇ ਇਨਕਾਰੀ ਹਨ।

الَّذِينَ يَصُدُّونَ عَن سَبِيلِ اللَّهِ وَيَبْغُونَهَا
عِوَجًا وَهُم بِالْآخِرَةِ هُمْ كَافِرُونَ ﴿١٩﴾

20. ਉਹ ਲੋਕ ਧਰਤੀ ਉੱਤੇ ਅੱਲਾਹ ਨੂੰ ਬੇਵਸ ਕਰਨ ਵਾਲੇ ਨਹੀਂ ਸਨ ਅਤੇ ਨਾ ਹੀ ਛੁੱਟ ਅੱਲਾਹ ਤੋਂ ਉਹਨਾਂ ਦਾ ਕੋਈ ਹਿਮਾਇਤੀ ਸੀ, ਉਹਨਾਂ ਲਈ ਦੋਗੁਣਾ ਅਜ਼ਾਬ ਹੋਵੇਗਾ ਕਿਉਂ ਜੋ ਨਾ ਹੀ ਉਹ (ਹੱਕ) ਸੁਣ ਸਕਦੇ ਸੀ ਅਤੇ ਨਾ ਹੀ ਉਸ ਨੂੰ ਵੇਖਣਾ ਚਾਹੁੰਦੇ ਸੀ।

أُولَٰئِكَ لَمْ يَكُونُوا مُعْجِزِينَ فِي الْأَرْضِ وَمَا
كَانَ لَهُم مِّن دُونِ اللَّهِ مِنْ أَوْلِيَاءَ ۘ يُضَاعَفُ
لَهُمُ الْعَذَابُ ۚ مَا كَانُوا يَسْتَطِيعُونَ السَّمْعَ
وَمَا كَانُوا يُبْصِرُونَ ﴿٢٠﴾

---

1 ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

2 ਇਸ ਦੀ ਪੁਸ਼ਟੀ ਇਹ ਹਦੀਸ ਕਰਦੀ ਹੈ ਜਿਸ ਨੂੰ ਸਫ਼ਵਾਨ ਬਿਨ ਮੁਹਰਿਜ਼ ਨੇ ਦੱਸਿਆ ਹੈ ਕਿ ਅਬਦੁੱਲਾ ਬਿਨ ਉਮਰ (ਰਜ਼ਿ:) ਤਵਾਫ਼ ਕਰ ਰਹੇ ਸੀ ਕਿ ਇਕ ਵਿਅਕਤੀ ਆਇਆ ਤੇ ਆਖਣ ਲੱਗਾ, ਕੀ ਤੁਸੀਂ ਨਬੀ (ਸ:) ਦੇ ਬਾਰੇ ਕੁਝ ਸੁਣਿਆ ਹੈ? ਇਬਨੇ-ਉਮਰ (ਰਜ਼ਿ:) ਨੇ ਆਖਿਆ ਕਿ ਮੈਂ ਨੇ ਨਬੀ ਕਰੀਮ (ਸ:) ਤੋਂ ਇਹ ਸੁਣਿਆ ਹੈ ਕਿ ਮੋਮਿਨ ਨੂੰ ਅੱਲਾਹ ਦੇ ਨੇੜੇ ਲਿਆਂਦਾ ਜਾਵੇਗਾ। ਹੱਸ਼ਾਮ ਦਾ ਕਹਿਣਾ ਹੈ ਕਿ ਮੋਮਿਨ ਆਪਣੇ ਰੱਬ ਦੇ ਇੰਨਾ ਨੇੜੇ ਹੋ ਜਾਵੇਗਾ ਕਿ ਅੱਲਾਹ ਉਸ ਉੱਤੇ ਆਪਣਾ ਪੱਟ ਰੱਖ ਦੇਵੇਗਾ ਅਤੇ ਉਸ ਤੋਂ ਉਸ ਦੇ ਗੁਨਾਹਾਂ ਦੀ ਪੁਸ਼ਟੀ ਕਰਵਾਏਗਾ (ਅੱਲਾਹ ਉਸ ਨੂੰ ਆਖੇਗਾ) ਕੀ ਤੈਨੂੰ ਆਪਣਾ ਫਲਾਣਾ ਗੁਨਾਹ ਯਾਦ ਹੈ? ਉਹ ਮੋਮਿਨ ਦੋ ਵਾਰ ਆਖੇਗਾ ਕਿ ਮੈਂ ਜਾਣਦਾ ਹਾਂ ਹੇ ਮੇਰੇ ਰੱਬ ਮੈਂ ਜਾਣਦਾ ਹਾਂ। ਉਸ ਸਮੇਂ ਅੱਲਾਹ ਆਖੇਗਾ ਕਿ ਮੈਂ ਨੇ ਸੰਸਾਰ ਵਿਚ ਤੇਰੇ ਗੁਨਾਹਾਂ ਉੱਤੇ ਪਰਦਾ ਪਾਇਆ ਸੀ ਅਤੇ ਅੱਜ ਮੈਂ ਉਹਨਾਂ ਨੂੰ ਤੇਰੇ ਲਈ ਮਾਫ਼ ਕਰਦਾ ਹਾਂ। ਫਿਰ ਇਸ ਦੀ ਨੇਕੀਆਂ ਦਾ ਰਜਿਸਟਰ ਬੰਦ ਕਰ ਦਿੱਤਾ ਜਾਵੇਗਾ। ਅਤੇ ਦੂਜੇ ਲੋਕਾਂ ਦਾ ਜਾਂ ਕਾਫ਼ਿਰਾਂ ਦਾ ਹਾਲ ਇਹ ਹੋਵੇਗਾ ਕਿ ਗਵਾਹਾਂ ਦੇ ਸਾਹਮਣੇ ਖੁੱਲੇਆਮ ਉੱਚਾ ਆਖਿਆ ਜਾਵੇਗਾ ਕਿ ਇਹ ਉਹ ਲੋਕ ਹਨ ਜਿਨ੍ਹਾਂ ਨੇ ਆਪਣੇ ਰੱਬ ਉੱਤੇ ਝੂਠ ਮੜ੍ਹਿਆ ਸੀ। (ਸਹੀ ਬੁਖ਼ਾਰੀ, ਹਦੀਸ: 4685)

21. ਇਹੋ ਉਹ ਲੋਕ ਹਨ ਜਿਨ੍ਹਾਂ ਨੇ ਆਪਣੇ ਆਪ ਨੂੰ ਘਾਟੇ ਵਿਚ ਪਾਇਆ ਹੈ ਅਤੇ ਉਹ ਸਭ ਉਹਨਾਂ ਤੋਂ ਗੁਆਚ ਗਿਆ ਜਿਹੜਾ ਉਹਨਾਂ ਨੇ ਘੜ ਰੱਖਿਆ ਸੀ।

أُولَٰئِكَ الَّذِينَ خَسِرُوا أَنفُسَهُمْ وَضَلَّ
عَنْهُم مَّا كَانُوا يَفْتَرُونَ ﴿٢١﴾

22. ਬੇਸ਼ੱਕ ਆਖ਼ਿਰਤ ਵਿਚ ਘਾਟੇ ਵਿਚ ਰਹਿਣ ਵਾਲੇ ਇਹੋ ਲੋਕ ਹੋਣਗੇ।

لَا جَرَمَ أَنَّهُمْ فِي الْآخِرَةِ هُمُ الْأَخْسَرُونَ ﴿٢٢﴾

23. ਬੇਸ਼ੱਕ ਜਿਹੜੇ ਲੋਕ ਈਮਾਨ ਲਿਆਏ ਤੇ ਭਲੇ ਕੰਮ ਵੀ ਕੀਤੇ ਅਤੇ ਆਪਣੇ ਪਾਲਣਹਾਰ ਦੇ ਹਜ਼ੂਰ ਝੁਕਦੇ ਵੀ ਰਹੇ ਉਹੀਓ ਸਵਰਗਾਂ ਵਿਚ ਜਾਣ ਵਾਲੇ ਹਨ ਜਿੱਥੇ ਉਹ ਸਦਾ ਲਈ ਰਹਿਣਗੇ।

إِنَّ الَّذِينَ آمَنُوا وَعَمِلُوا الصَّالِحَاتِ وَأَخْبَتُوا إِلَىٰ
رَبِّهِمْ أُولَٰئِكَ أَصْحَابُ الْجَنَّةِ ۖ هُمْ فِيهَا
خَالِدُونَ ﴿٢٣﴾

24. ਇਹ ਦੋਵੇਂ ਧਿਰਾਂ ਦੀ ਮਿਸਾਲ ਇੰਜ ਹੈ ਜਿਵੇਂ ਇਕ ਧਿਰ ਅੰਨ੍ਹਾ ਤੇ ਬੋਲਾ ਹੋਵੇ, ਦੂਜਾ ਵੇਖਣ ਤੇ ਸੁਣਨ ਵਾਲਾ ਹੋਵੇ। ਕੀ ਇਹ ਦੋਵੇਂ ਧਿਰਾਂ ਇਕੋ ਬਰਾਬਰ ਹੋ ਸਕਦੇ ਹਨ? ਕੀ ਤੁਸੀਂ ਫੇਰ ਵੀ ਨਸੀਹਤ ਪ੍ਰਾਪਤ ਨਹੀਂ ਕਰਦੇ?

مَثَلُ الْفَرِيقَيْنِ كَالْأَعْمَىٰ وَالْأَصَمِّ وَالْبَصِيرِ وَالسَّمِيعِ ۚ
هَلْ يَسْتَوِيَانِ مَثَلًا ۚ أَفَلَا تَذَكَّرُونَ ﴿٢٤﴾

25. ਬੇਸ਼ੱਕ ਅਸੀਂ ਨੂਹ ਨੂੰ ਉਸ ਦੀ ਕੌਮ ਵੱਲ (ਪੈਗ਼ੰਬਰ ਬਣਾਕੇ) ਭੇਜਿਆ ਅਤੇ ਉਸ ਨੇ ਕਿਹਾ ਕਿ ਮੈਂ ਤੁਹਾਨੂੰ ਸਪਸ਼ਟ ਚਿਤਾਵਣੀ ਦੇ ਰਿਹਾ ਹਾਂ।

وَلَقَدْ أَرْسَلْنَا نُوحًا إِلَىٰ قَوْمِهِ إِنِّي لَكُمْ
نَذِيرٌ مُّبِينٌ ﴿٢٥﴾

26. ਕਿ ਤੁਸੀਂ ਅੱਲਾਹ ਤੋਂ ਛੁੱਟ ਕਿਸੇ ਹੋਰ ਦੀ ਇਬਾਦਤ ਨਾ ਕਰੋ। ਮੈਂ ਤਾਂ ਤੁਹਾਡੇ 'ਤੇ ਦਰਦਨਾਕ ਦਿਨ (ਭਾਵ ਕਿਆਮਤ) ਦੇ ਅਜ਼ਾਬ ਆਉਣ ਤੋਂ ਡਰਦਾ ਹਾਂ।

أَن لَّا تَعْبُدُوا إِلَّا اللَّهَ ۖ إِنِّي أَخَافُ عَلَيْكُمْ
عَذَابَ يَوْمٍ أَلِيمٍ ﴿٢٦﴾

27. ਉਸ (ਨੂਹ) ਦੀ ਕੌਮ ਦੇ ਵਡੇਰਿਆਂ ਨੇ ਕਿਹਾ ਕਿ ਅਸੀਂ ਤਾਂ ਤੈਨੂੰ ਆਪਣੇ ਵਾਂਗ ਹੀ ਇਕ ਮਨੁੱਖ ਵੇਖਦੇ ਹਾਂ ਅਤੇ ਇਹ ਵੀ ਵੇਖਦੇ ਹਾਂ ਕਿ ਕੇਵਲ ਉਹਨਾਂ ਲੋਕਾਂ ਨੇ ਹੀ ਬਿਨਾਂ ਸੋਚੇ ਸਮਝੇ ਤੇਰੀ ਪੈਰਵੀ ਕੀਤੀ ਹੈ ਜਿਹੜੇ ਸਾਡੀ ਕੌਮ ਦੇ ਨੀਚ, ਦਲਿਤ ਤੇ ਭੈੜੀ ਸੋਚ ਵਾਲੇ ਲੋਕ ਹਨ, ਅਸੀਂ ਇਹ ਵੀ ਵੇਖ ਰਹੇ ਹਾਂ ਕਿ ਤੁਹਾਨੂੰ ਸਾਡੇ 'ਤੇ ਕਿਸੇ ਤਰ੍ਹਾਂ

فَقَالَ الْمَلَأُ الَّذِينَ كَفَرُوا مِن قَوْمِهِ مَا نَرَاكَ
إِلَّا بَشَرًا مِّثْلَنَا وَمَا نَرَاكَ اتَّبَعَكَ إِلَّا الَّذِينَ
هُمْ أَرَاذِلُنَا بَادِيَ الرَّأْيِ وَمَا نَرَىٰ لَكُمْ عَلَيْنَا
مِن فَضْلٍ بَلْ نَظُنُّكُمْ كَاذِبِينَ ﴿٢٧﴾

ਦੀ ਕੋਈ ਵਡਿਆਈ ਵੀ ਨਹੀਂ, ਅਸੀਂ ਤਾਂ ਤੁਹਾਨੂੰ ਝੂਠਾ ਸਮਝਦੇ ਹਾਂ।

28. (ਨੂਹ ਨੇ) ਕਿਹਾ ਕਿ ਹੇ ਮੇਰੀ ਕੌਮ ਵਾਲਿਓ! ਮੈਨੂੰ ਦੱਸੋ ਕਿ ਜੇ ਮੈਂ ਆਪਣੇ ਰੱਬ ਵੱਲੋਂ ਕਿਸੇ ਦਲੀਲ 'ਤੇ ਹੋਵਾਂ ਅਤੇ ਉਸ ਨੇ ਮੈਨੂੰ ਆਪਣੇ ਵੱਲੋਂ ਕਿਸੇ ਮਿਹਰ ਤੋਂ (ਭਾਵ ਰਸੂਲ ਬਣਾ ਕੇ) ਨਿਵਾਜ਼ਿਆ ਹੋਵੇ ਫੇਰ ਉਹ ਮਿਹਰ ਤੁਹਾਨੂੰ (ਅੰਨਿਆਂ ਨੂੰ) ਵਿਖਾਈ ਨਾ ਦਿੰਦੀ ਹੋਵੇ ਤਾਂ ਕੀ ਅਸੀਂ ਤੁਹਾਨੂੰ ਇਸ ਨੂੰ ਮੰਨਣ ਲਈ ਮਜਬੂਰ ਕਰ ਸਕਦੇ ਹਾਂ, ਜਦ ਕਿ ਤੁਸੀਂ ਇਸ ਨੂੰ ਪਸੰਦ ਨਹੀਂ ਕਰਦੇ।

قَالَ يَٰقَوْمِ أَرَءَيْتُمْ إِن كُنتُ عَلَىٰ بَيِّنَةٍ مِّن رَّبِّي
وَءَاتَىٰنِي رَحْمَةً مِّنْ عِندِهِۦ فَعُمِّيَتْ عَلَيْكُمْ
أَنُلْزِمُكُمُوهَا وَأَنتُمْ لَهَا كَٰرِهُونَ ﴿٢٨﴾

29. (ਨੂਹ ਨੇ ਕਿਹਾ) ਕਿ ਹੇ ਮੇਰੀ ਕੌਮ ਵਾਲਿਓ! ਮੈਂ ਤੁਹਾਥੋਂ ਇਸ (ਚਿਤਾਵਨੀ ਦੇਣ) ਲਈ ਕੋਈ ਧਨ ਨਹੀਂ ਮੰਗਦਾ। ਮੇਰਾ ਬਦਲਾ ਤਾਂ ਅੱਲਾਹ ਦੇ ਕੋਲ ਹੀ ਹੈ। ਮੈਂ ਈਮਾਨ ਵਾਲਿਆਂ ਨੂੰ (ਭਾਵੇਂ ਉਹ ਦਲਿਤ ਹੀ ਹਨ) ਆਪਣੇ ਕੋਲੋਂ ਪਰਾਂ ਕਰਨ ਵਾਲਾ ਨਹੀਂ। ਬੇਸ਼ੱਕ ਉਹਨਾਂ ਦੀ ਮਿਲਣੀ ਆਪਣੇ ਰੱਬ ਨਾਲ ਹੋਣੀ ਹੈ ਪਰ ਮੈਂ ਵੇਖਦਾ ਹਾਂ ਕਿ ਤੁਸੀਂ ਅਗਿਆਨਤਾ ਤੋਂ ਕੰਮ ਲੈ ਰਹੇ ਹੋ।

وَيَٰقَوْمِ لَآ أَسْـَٔلُكُمْ عَلَيْهِ مَالًا ۖ إِنْ أَجْرِيَ إِلَّا
عَلَى ٱللَّهِ ۚ وَمَآ أَنَا۠ بِطَارِدِ ٱلَّذِينَ ءَامَنُوٓا۟ ۚ إِنَّهُم
مُّلَٰقُوا۟ رَبِّهِمْ وَلَٰكِنِّيٓ أَرَىٰكُمْ قَوْمًا تَجْهَلُونَ ﴿٢٩﴾

30. ਹੇ ਮੇਰੀ ਕੌਮ ਦੇ ਲੋਕੋ! ਜੇ ਮੈਂ ਇਹਨਾਂ (ਮੰਨਣ ਵਾਲਿਆਂ) ਨੂੰ ਧਿਤਕਾਰ ਵੀ ਦਵਾਂ ਤਾਂ ਕੌਣ ਮੈਨੂੰ ਅੱਲਾਹ ਦੇ ਅਜ਼ਾਬ ਤੋਂ ਬਚਾਵੇਗਾ? ਕੀ ਤੁਸੀਂ ਕੁੱਝ ਵੀ ਸਿੱਖਿਆ ਨਹੀਂ ਲੈਂਦੇ?

وَيَٰقَوْمِ مَن يَنصُرُنِي مِنَ ٱللَّهِ إِن طَرَدتُّهُمْ ۚ
أَفَلَا تَذَكَّرُونَ ﴿٣٠﴾

31. (ਨੂਹ ਨੇ ਕਿਹਾ) ਕਿ ਮੈਂ ਤੁਹਾਨੂੰ ਇਹ ਨਹੀਂ ਕਹਿੰਦਾ ਕਿ ਮੇਰੇ ਕੋਲ ਅੱਲਾਹ ਦੇ ਖ਼ਜ਼ਾਨੇ ਹਨ ਅਤੇ ਨਾ ਹੀ ਮੈਂ ਗ਼ੈਬ ਦਾ ਗਿਆਨ ਰੱਖਦਾ ਹਾਂ, ਨਾ ਮੈਂ ਇਹ ਕਹਿੰਦਾ ਹਾਂ ਕਿ ਮੈਂ ਫ਼ਰਿਸ਼ਤਾ ਹਾਂ ਨਾ ਹੀ ਮੇਰਾ ਇਹ ਕਹਿਣਾ ਹੈ ਕਿ ਜਿਨ੍ਹਾਂ ਨੂੰ ਤੁਹਾਡੀਆਂ ਅੱਖਾਂ ਨੀਚ ਸਮਝ ਰਹੀਆਂ ਹਨ, ਉਹਨਾਂ ਨੂੰ ਅੱਲਾਹ

وَلَآ أَقُولُ لَكُمْ عِندِي خَزَآئِنُ ٱللَّهِ وَلَآ أَعْلَمُ
ٱلْغَيْبَ وَلَآ أَقُولُ إِنِّي مَلَكٌ وَلَآ أَقُولُ لِلَّذِينَ
تَزْدَرِيٓ أَعْيُنُكُمْ لَن يُؤْتِيَهُمُ ٱللَّهُ خَيْرًا ۖ
ٱللَّهُ أَعْلَمُ بِمَا فِيٓ أَنفُسِهِمْ ۖ إِنِّيٓ إِذًا لَّمِنَ
ٱلظَّٰلِمِينَ ﴿٣١﴾

ਕੋਈ ਭਲਾਈ ਨਹੀਂ ਬਖ਼ਸ਼ੇਗਾ। ਉਹਨਾਂ ਦੇ ਮਨ ਵਿਚ ਜੋ ਹੈ ਉਸ ਨੂੰ ਅੱਲਾਹ ਚੰਗੀ ਤਰ੍ਹਾਂ ਜਾਣਦਾ ਹੈ। ਜੇ ਮੈਂ ਕੋਈ ਅਜਿਹੀ ਗੱਲ ਕਹਾਂਗਾ ਤਾਂ ਮੇਰੀ ਗਿਣਤੀ ਵੀ ਜ਼ਾਲਮਾਂ ਵਿਚ ਹੋਵੇਗੀ

قَالُوا يَا نُوحُ قَدْ جَادَلْتَنَا فَأَكْثَرْتَ جِدَالَنَا
فَأْتِنَا بِمَا تَعِدُنَا إِن كُنتَ مِنَ الصَّادِقِينَ ﴿32﴾

32. (ਕੌਮ ਨੇ) ਆਖਿਆ ਕਿ ਹੇ ਨੂਹ! ਤੂੰ ਸਾਡੇ ਨਾਲ ਝਗੜਾ ਕਰ ਲਿਆ ਅਤੇ ਸਾਡੇ ਨਾਲ ਬਥੇਰੇ ਝਗੜਾ ਕਰ ਚੁੱਕਿਆ ਹੈਂ। ਜਿਸ ਅਜ਼ਾਬ ਤੋਂ ਸਾਨੂੰ ਤੂੰ ਡਰਾ ਰਿਹਾ ਹੈ ਉਹ ਲੈ ਆ, ਜੇ ਤੂੰ ਸੱਚਾ ਹੈਂ।

قَالَ إِنَّمَا يَأْتِيكُم بِهِ اللَّهُ إِن شَاءَ وَمَا أَنتُم
بِمُعْجِزِينَ ﴿33﴾

33. (ਨੂਹ ਨੇ) ਕਿਹਾ ਕਿ ਬੇਸ਼ੱਕ ਅੱਲਾਹ ਹੀ ਉਹ (ਅਜ਼ਾਬ) ਤੁਹਾਡੇ 'ਤੇ ਲਿਆਵੇਗਾ, ਜੇ ਉਹ ਚਾਹਵੇ। ਫੇਰ ਤੁਸੀਂ ਉਸ ਨੂੰ ਰੋਕ ਵੀ ਨਹੀਂ ਸਕਦੇ।

وَلَا يَنفَعُكُمْ نُصْحِي إِنْ أَرَدتُّ أَنْ أَنصَحَ
لَكُمْ إِن كَانَ اللَّهُ يُرِيدُ أَن يُغْوِيَكُمْ ۚ هُوَ
رَبُّكُمْ وَإِلَيْهِ تُرْجَعُونَ ﴿34﴾

34. ਤੁਹਾਨੂੰ ਮੇਰੀਆਂ ਨਸੀਹਤਾਂ ਕੁੱਝ ਵੀ ਲਾਭ ਨਹੀਂ ਦੇ ਸਕਦੀਆਂ ਭਾਵੇਂ ਮੈਂ ਤੁਹਾਡੀ ਕਿੰਨੀ ਹੀ ਭਲਾਈ ਚਾਹਵਾਂ ਜਦੋਂ ਕਿ ਅੱਲਾਹ ਦੀ ਇੱਛਾ ਤੁਹਾਨੂੰ ਕੁਰਾਹੇ ਪਾਉਣਾ ਹੀ ਹੋਵੇ। ਉਹੀਓ ਤੁਹਾਡਾ ਰੱਬ (ਪਾਲਣਹਾਰ) ਹੈ ਅਤੇ ਉਸ ਵੱਲ ਤੁਸੀਂ (ਸਾਰਿਆਂ ਨੇ) ਪਰਤ ਕੇ ਜਾਣਾ ਹੈ।

أَمْ يَقُولُونَ افْتَرَاهُ ۖ قُلْ إِنِ افْتَرَيْتُهُ فَعَلَيَّ
إِجْرَامِي وَأَنَا بَرِيءٌ مِّمَّا تُجْرِمُونَ ﴿35﴾

35. ਕੀ ਉਹ ਕਾਫ਼ਿਰ ਆਖਦੇ ਹਨ ਕਿ ਇਸ (ਕੁਰਆਨ) ਨੂੰ ਉਸ ਨੇ ਆਪ ਹੀ ਘੜ੍ਹ ਲਿਆ ਹੈ? (ਹੇ ਨਬੀ!) ਜਵਾਬ ਦਿਓ ਕਿ ਜੇ ਮੈਨੇ ਆਪਣੇ ਮਨ ਤੋਂ ਇਸ ਨੂੰ ਘੜ੍ਹ ਲਿਆ ਹੈ ਤਾਂ ਇਸ ਦਾ ਦੋਸ਼ ਮੇਰੇ 'ਤੇ ਹੈ ਅਤੇ ਮੈਂ ਉਹਨਾਂ ਸਾਰੇ ਅਪਰਾਧਾਂ ਤੋਂ ਬਰੀ ਹਾਂ ਜੋ ਤੁਸੀਂ ਕਰ ਰਹੇ ਹੋ।

وَأُوحِيَ إِلَىٰ نُوحٍ أَنَّهُ لَن يُؤْمِنَ مِن قَوْمِكَ إِلَّا
مَن قَدْ آمَنَ فَلَا تَبْتَئِسْ بِمَا كَانُوا يَفْعَلُونَ ﴿36﴾

36. ਨੂਹ ਵੱਲ ਵਹੀ ਭੇਜੀ ਗਈ ਕਿ ਤੇਰੀ ਕੌਮ ਵਿੱਚੋਂ ਜਿਹੜੇ ਲੋਕ ਪਹਿਲਾਂ ਈਮਾਨ ਲਿਆ ਚੁੱਕੇ ਹਨ ਉਹਨਾਂ ਤੋਂ ਛੁੱਟ ਹੋਰ ਕੋਈ ਈਮਾਨ ਨਹੀਂ ਲਿਆਵੇਗਾ, ਸੋ ਤੂੰ ਉਹਨਾਂ ਦੀਆਂ ਕਰਤੂਤਾਂ 'ਤੇ ਦੁਖੀ ਨਾ ਹੋ।

37. ਤੂੰ ਸਾਡੀਆਂ ਅੱਖਾਂ ਦੇ ਸਾਹਮਣੇ ਸਾਡੀ ਵਹੀ ਅਨੁਸਾਰ ਇਕ ਬੇੜੀ ਬਣਾ ਅਤੇ ਉਹਨਾਂ ਜ਼ਾਲਮਾਂ ਦੇ ਸੰਬੰਧ ਵਿਚ ਸਾਡੇ ਨਾਲ ਕੋਈ ਗੱਲ ਨਾ ਕਰ। ਬੇਸ਼ੱਕ ਉਹਨਾਂ ਨੂੰ ਡੋਬ ਦਿੱਤਾ ਜਾਵੇਗਾ।

وَاصْنَعِ الْفُلْكَ بِأَعْيُنِنَا وَوَحْيِنَا وَلَا تُخَاطِبْنِي فِي الَّذِينَ ظَلَمُوا ۚ إِنَّهُم مُّغْرَقُونَ ﴿٣٧﴾

38. ਜਦੋਂ ਉਹ (ਨੂਹ) ਬੇੜੀ ਬਣਾਉਣ ਲੱਗਿਆ ਤੇ ਉਹਨਾਂ ਦੀ ਕੌਮ ਦੇ ਆਗੂ ਜਦੋਂ ਉਸ (ਨੂਹ) ਦੇ ਕੋਲ ਦੀ ਲੰਘਦੇ ਤਾਂ ਉਹ ਉਸ ਦਾ ਮਖ਼ੌਲ ਕਰਦੇ। ਨੂਹ ਨੇ ਕਿਹਾ ਕਿ ਜੇ (ਅੱਜ) ਤੁਸੀਂ ਸਾਡਾ ਮਖ਼ੌਲ ਉਡਾਉਂਦੇ ਹੋ ਬੇਸ਼ੱਕ (ਇਕ ਦਿਨ) ਅਸੀਂ ਵੀ ਤੁਹਾਡੇ 'ਤੇ ਹੱਸਾਂਗੇ, ਜਿਵੇਂ ਤੁਸੀਂ ਸਾਡੇ 'ਤੇ (ਅੱਜ) ਹੱਸ ਰਹੇ ਹੋ।

وَيَصْنَعُ الْفُلْكَ وَكُلَّمَا مَرَّ عَلَيْهِ مَلَأٌ مِّن قَوْمِهِ سَخِرُوا مِنْهُ ۚ قَالَ إِن تَسْخَرُوا مِنَّا فَإِنَّا نَسْخَرُ مِنكُمْ كَمَا تَسْخَرُونَ ﴿٣٨﴾

39 ਤੁਹਾਨੂੰ ਜ਼ਰੂਰ ਛੇਤੀ ਹੀ ਪਤਾ ਚੱਲ ਜਾਵੇਗਾ ਕਿ ਕਿਸ ਵਿਅਕਤੀ 'ਤੇ ਅਜਿਹਾ ਅਜ਼ਾਬ ਆਵੇਗਾ ਜਿਹੜਾ ਉਹ ਨੂੰ (ਸੰਸਾਰ ਵਿਚ) ਜ਼ਲੀਲ ਕਰ ਦੇਵੇਗਾ ਅਤੇ (ਆਖ਼ਿਰਤ ਵਿਚ) ਸਦਾ ਲਈ ਸਜ਼ਾ ਹੋਵੇਗੀ।

فَسَوْفَ تَعْلَمُونَ مَن يَأْتِيهِ عَذَابٌ يُخْزِيهِ وَيَحِلُّ عَلَيْهِ عَذَابٌ مُّقِيمٌ ﴿٣٩﴾

40. ਜਦੋਂ ਸਾਡਾ (ਅਜ਼ਾਬ ਦਾ) ਹੁਕਮ ਆ ਗਿਆ ਤੇ (ਧਰਤੀ 'ਚੋਂ ਪਾਣੀ ਦਾ) ਤੰਦੂਰ ਉੱਬਲਣ ਲੱਗ ਪਿਆ ਫੇਰ ਅਸੀਂ ਨੂਹ ਨੂੰ ਆਖਿਆ ਕਿ ਇਸ ਬੇੜੀ ਵਿਚ ਹਰ ਪ੍ਰਕਾਰ ਦੇ (ਜਾਨਵਰਾਂ ਦੇ) ਜੋੜੇ ਭਾਵ (ਦੋ ਜਾਨਵਰ) ਇਕ ਨਰ ਤੇ ਇਕ ਮਦੀਨ ਸਵਾਰ ਕਰ ਲੈ ਅਤੇ ਆਪਣੇ ਪਰਿਵਾਰ ਨੂੰ, ਛੁੱਟ ਉਸ (ਤੁਹਾਡੀ ਪਤਨੀ ਤੇ ਪੁੱਤਰ) ਤੋਂ, ਜਿਨ੍ਹਾਂ ਬਾਰੇ ਪਹਿਲਾਂ ਗੱਲ ਹੋ ਚੁੱਕੀ ਹੈ, ਸਣੇ ਸਾਰੇ ਈਮਾਨ ਵਾਲਿਆਂ ਨੂੰ ਸਵਾਰ ਕਰ ਲੈ। ਉਸ (ਨੂਹ) 'ਤੇ ਬਹੁਤ ਹੀ ਘੱਟ ਗਿਣਤੀ ਵਿਚ ਈਮਾਨ ਲਿਆਏ ਸੀ।

حَتَّىٰ إِذَا جَاءَ أَمْرُنَا وَفَارَ التَّنُّورُ قُلْنَا احْمِلْ فِيهَا مِن كُلٍّ زَوْجَيْنِ اثْنَيْنِ وَأَهْلَكَ إِلَّا مَن سَبَقَ عَلَيْهِ الْقَوْلُ وَمَنْ آمَنَ ۚ وَمَا آمَنَ مَعَهُ إِلَّا قَلِيلٌ ﴿٤٠﴾

41. ਨੂਹ ਨੇ ਕਿਹਾ ਕਿ ਸਾਰੇ (ਈਮਾਨ ਵਾਲੇ) ਇਸ ਬੇੜੀ ਵਿਚ ਸਵਾਰ ਹੋ ਜਾਓ ਇਸ ਦਾ ਚੱਲਣਾ ਤੇ

وَقَالَ ارْكَبُوا فِيهَا بِسْمِ اللَّهِ مَجْرَاهَا وَمُرْسَاهَا ۚ إِنَّ رَبِّي لَغَفُورٌ رَّحِيمٌ ﴿٤١﴾

ਠਹਿਰਣਾ ਅੱਲਾਹ ਦੇ ਹੁਕਮ ਨਾਲ ਹੀ ਹੈ। ਹਕੀਕਤ ਵਿਚ ਮੇਰਾ ਪਾਲਣਹਾਰ ਵੱਡਾ ਬਖ਼ਸ਼ਣਹਾਰ ਤੇ ਰਹਿਮ ਫ਼ਰਮਾਉਣ ਵਾਲਾ ਹੈ।

وَهِيَ تَجْرِي بِهِمْ فِي مَوْجٍ كَالْجِبَالِ وَنَادَىٰ نُوحٌ ابْنَهُ وَكَانَ فِي مَعْزِلٍ يَا بُنَيَّ ارْكَب مَّعَنَا وَلَا تَكُن مَّعَ الْكَافِرِينَ ﴿٤٢﴾

42. ਉਹ (ਬੇੜੀ) ਉਹਨਾਂ (ਈਮਾਨ ਵਾਲਿਆਂ) ਨੂੰ ਪਹਾੜ ਵਾਂਗ (ਉੱਚੀਆਂ-ਉੱਚੀਆਂ) ਛੱਲਾਂ ਵਿਚ ਲਈਂ ਜਾ ਰਹੀ ਸੀ। ਨੂਹ ਨੇ ਆਪਣੇ ਪੁੱਤਰ ਨੂੰ ਪੁਕਾਰਿਆ ਜਿਹੜਾ ਕਿ ਸਭ ਤੋਂ ਅਲੱਗ ਥਲੱਗ ਸੀ ਕਿ ਹੇ ਪੁੱਤਰ! ਸਾਡੇ ਨਾਲ (ਤੂੰ ਵੀ) ਸਵਾਰ ਹੋ ਜਾ ਕਾਫ਼ਿਰਾਂ ਨਾਲ ਨਾ ਰਹਿ।

قَالَ سَآوِي إِلَىٰ جَبَلٍ يَعْصِمُنِي مِنَ الْمَاءِ ۚ قَالَ لَا عَاصِمَ الْيَوْمَ مِنْ أَمْرِ اللَّهِ إِلَّا مَن رَّحِمَ ۚ وَحَالَ بَيْنَهُمَا الْمَوْجُ فَكَانَ مِنَ الْمُغْرَقِينَ ﴿٤٣﴾

43. ਉਹ (ਪੁੱਤਰ) ਬੋਲਿਆ, ਮੈਂ ਤਾਂ ਹੁਣੇਂ ਕਿਸੇ ਪਹਾੜ ਦੀ ਸ਼ਰਨ ਲੈ ਲਵਾਂਗਾ ਉਹ ਮੈਨੂੰ ਪਾਣੀ ਤੋਂ ਬਚਾ ਲਵੇਗਾ। ਨੂਹ ਨੇ ਆਖਿਆ ਕਿ ਅੱਜ ਅੱਲਾਹ ਦੇ ਹੁਕਮ (ਅਜ਼ਾਬ) ਤੋਂ ਬਚਾਉਣ ਵਾਲਾ ਕੋਈ ਨਹੀਂ ਕੇਵਲ ਉਹੀਓ ਬਚਣਗੇ ਜਿਨ੍ਹਾਂ 'ਤੇ ਅੱਲਾਹ ਦੀ ਮਿਹਰ ਹੋਵੇਗੀ।[1] ਉਸੇ ਸਮੇਂ ਉਹਨਾਂ ਦੋਹਾਂ (ਪਿਓ ਪੁੱਤਰ) ਵਿਚਾਲੇ ਇਕ ਛੱਲ ਆ ਗਈ ਤਾਂ ਉਹ (ਪੁੱਤਰ ਵੀ) ਡੁੱਬਣ ਵਾਲਿਆਂ ਵਿਚ ਜਾ ਰਲਿਆ।

وَقِيلَ يَا أَرْضُ ابْلَعِي مَاءَكِ وَيَا سَمَاءُ أَقْلِعِي وَغِيضَ الْمَاءُ وَقُضِيَ الْأَمْرُ وَاسْتَوَتْ عَلَى الْجُودِيِّ ۖ وَقِيلَ بُعْدًا لِّلْقَوْمِ الظَّالِمِينَ ﴿٤٤﴾

44. ਆਖਿਆ ਕਿ ਹੇ ਧਰਤੀ! ਤੂੰ ਆਪਣੇ ਪਾਣੀ ਨੂੰ ਨਿਗਲ ਜਾ ਅਤੇ ਹੇ ਅਕਾਸ਼! ਤੂੰ ਰੁੱਕ ਜਾ ਉਸੇ ਸਮੇਂ ਧਰਤੀ ਵਿਚ ਪਾਣੀ ਸਮਾ ਗਿਆ ਅਤੇ ਉਹਨਾਂ ਕਾਫ਼ਿਰਾਂ ਦਾ ਨਿਬੇੜਾ ਕਰ ਦਿੱਤਾ ਗਿਆ ਅਤੇ ਬੇੜੀ ਜੂੱਦੀ (ਨਾਂ ਦੀ ਪਹਾੜੀ) 'ਤੇ ਜਾ ਟਿਕੀ

---

[1] ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਜਦੋਂ ਵੀ ਕੋਈ ਖ਼ਲੀਫ਼ਾ ਨਿਯੁਕਤ ਕੀਤਾ ਜਾਂਦਾ ਹੈ ਤਾਂ ਉਸ ਦੇ ਦੋ ਸਲਾਹਕਾਰ ਹੁੰਦੇ ਹਨ ਇਕ ਉਸ ਨੂੰ ਨੇਕੀ ਦਾ ਹੁਕਮ ਦਿੰਦਾ ਹੈ ਅਤੇ ਉਸ ਦੇ ਲਈ ਪ੍ਰੇਰਿਤ ਕਰਦਾ ਹੈ ਜਦੋਂ ਕਿ ਦੂਜਾ ਉਸ ਨੂੰ ਬੁਰਾਈ ਦਾ ਹੁਕਮ ਦਿੰਦਾ ਹੈ ਅਤੇ ਉਸੇ ਲਈ ਪ੍ਰੇਰਿਤ ਕਰਦਾ ਹੈ ਪਰ ਗੁਨਾਹਾਂ ਤੋਂ ਉਹੀਓ ਬਚਿਆ ਰਹਿੰਦਾ ਹੈ ਜਿਸ ਨੂੰ ਅੱਲਾਹ ਬਚਾਵੇ। (ਸਹੀ ਬੁਖ਼ਾਰੀ, ਹਦੀਸ: 6611)

ਅਤੇ ਆਖ ਦਿੱਤਾ ਗਿਆ ਕਿ ਜ਼ਾਲਮ ਕੌਮ ਲਈ (ਰੱਬ ਦੀ ਰਹਿਮਤ ਤੋਂ) ਦੂਰੀ ਹੈ।

45. ਨੂਹ ਨੇ ਆਪਣੇ ਪਾਲਣਹਾਰ ਨੂੰ ਬੇਨਤੀ ਕੀਤੀ ਕਿ ਮੇਰੇ ਰੱਬਾ ਮੇਰਾ ਪੁੱਤਰ ਤਾਂ ਮੇਰੇ ਪਰਿਵਾਰ ਵਿੱਚੋਂ ਹੀ ਹੈ ਅਤੇ ਬੇਸ਼ੱਕ ਤੇਰਾ ਵਾਅਦਾ ਵੀ ਸੱਚਾ ਹੈ ਅਤੇ ਤੂੰ ਸਾਰਿਆਂ ਤੋਂ ਚੰਗੇਰਾ ਫ਼ੈਸਲਾ ਕਰਨ ਵਾਲਾ ਹੈਂ।

وَنَادٰى نُوْحٌ رَّبَّهٗ فَقَالَ رَبِّ اِنَّ ابْنِيْ مِنْ اَهْلِيْ
وَاِنَّ وَعْدَكَ الْحَقُّ وَاَنْتَ اَحْكَمُ الْحٰكِمِيْنَ (45)

46. ਆਖਿਆ ਕਿ ਹੇ ਨੂਹ! ਉਹ (ਤੇਰਾ ਪੁੱਤਰ) ਤੇਰੇ ਪਰਿਵਾਰ ਵਿੱਚੋਂ ਨਹੀਂ ਹੈ। ਉਸ ਦੀਆਂ ਕਰਤੂਤਾਂ ਤਾਂ ਬਹੁਤ ਹੀ ਭੈੜੀਆਂ ਹਨ। ਤੂੰ ਮੈਥੋਂ ਉਸ ਚੀਜ਼ ਦਾ ਸਵਾਲ ਨਾ ਕਰ ਜਿਸ ਦਾ ਤੁਹਾਨੂੰ ਗਿਆਨ ਨਹੀਂ। ਮੈਂ ਤੈਨੂੰ ਨਸੀਹਤ ਕਰਦਾ ਹਾਂ ਕਿ ਤੂੰ ਜਾਹਲਾਂ ਵਿਚ ਨਾ ਰਲੀਂ।

قَالَ يٰنُوْحُ اِنَّهٗ لَيْسَ مِنْ اَهْلِكَ ۚ اِنَّهٗ عَمَلٌ
غَيْرُ صَالِحٍ ۖ فَلَا تَسْـَٔلْنِ مَا لَيْسَ لَكَ بِهٖ عِلْمٌ ۭ
اِنِّىْٓ اَعِظُكَ اَنْ تَكُوْنَ مِنَ الْجٰهِلِيْنَ (46)

47. (ਨੂਹ) ਨੇ ਕਿਹਾ ਕਿ ਹੇ ਮੇਰੇ ਪਾਲਣਹਾਰ! ਮੈਂ ਤੇਰੀ ਸ਼ਰਨ ਵਿਚ ਆਉਂਦਾ ਹਾਂ ਇਸ ਗੱਲ ਤੋਂ ਕਿ ਮੈਂ ਤੁਹਾਥੋਂ ਉਹ ਚੀਜ਼ ਮੰਗਾਂ ਜਿਸ ਦਾ ਮੈਨੂੰ ਉੱਕਾ ਹੀ ਗਿਆਨ ਨਹੀਂ। ਜੇ ਤੂੰ ਮੈਨੂੰ ਨਹੀਂ ਬਖ਼ਸ਼ੇਗਾ ਅਤੇ ਮੇਰੇ 'ਤੇ ਮਿਹਰਾਂ ਨਹੀਂ ਕਰੇਗਾ ਤਾਂ ਮੈਂ ਘਾਟੇ ਵਿਚ ਰਹਿਣ ਵਾਲਿਆਂ ਵਿਚ ਹੋ ਜਾਵਾਂਗਾ।

قَالَ رَبِّ اِنِّىْٓ اَعُوْذُ بِكَ اَنْ اَسْـَٔلَكَ مَا لَيْسَ
لِيْ بِهٖ عِلْمٌ ۭ وَاِلَّا تَغْفِرْ لِيْ وَتَرْحَمْنِيْٓ اَكُنْ
مِّنَ الْخٰسِرِيْنَ (47)

48. (ਜਦੋਂ ਤੂਫ਼ਾਨ ਦਾ ਜ਼ੋਰ ਜਾਂਦਾ ਰਿਹਾ ਫੇਰ) ਆਖਿਆ ਗਿਆ ਕਿ ਹੇ ਨੂਹ! ਤੂੰ ਸਾਡੇ ਵੱਲੋਂ ਉਹਨਾਂ ਬਰਕਤਾਂ ਤੇ ਸਲਾਮਤੀ ਨਾਲ (ਬੇੜੀ ਵਿੱਚੋਂ) ਉੱਤਰ ਜਾ ਜਿਹੜੀਆਂ (ਬਰਕਤਾਂ) ਤੇਰੇ 'ਤੇ ਅਤੇ ਤੇਰੇ ਨਾਲ ਦੀਆਂ ਜਮਾਅਤਾਂ ਉੱਤੇ ਨਾਜ਼ਿਲ ਕੀਤੀਆਂ ਗਈਆਂ ਹਨ। ਹੋਰ ਵੀ ਕੁੱਝ ਜਮਾਅਤਾਂ (ਉੱਮਤਾਂ) ਹੋਣਗੀਆਂ ਜਿਨ੍ਹਾਂ ਨੂੰ ਅਸੀਂ ਸੰਸਾਰ ਵਿਚ ਜ਼ਰੂਰ ਹੀ ਲਾਭ ਪੁਚਾਵਾਂਗੇ ਪਰ ਫੇਰ ਉਹਨਾਂ ਨੂੰ ਸਾਡੇ ਵੱਲੋਂ ਬੜਾ ਹੀ ਕਰੜਾ ਅਜ਼ਾਬ ਆਵੇਗਾ।

قِيْلَ يٰنُوْحُ اهْبِطْ بِسَلٰمٍ مِّنَّا وَبَرَكٰتٍ عَلَيْكَ
وَعَلٰٓي اُمَمٍ مِّمَّنْ مَّعَكَ ۭ وَاُمَمٌ سَنُمَتِّعُهُمْ ثُمَّ
يَمَسُّهُمْ مِّنَّا عَذَابٌ اَلِيْمٌ (48)

49. (ਹੇ ਨਬੀ!) ਇਹ ਸਾਰੀਆਂ ਗ਼ੈਬ (ਪਰੋਖ) ਦੀਆਂ ਖ਼ਬਰਾਂ ਹਨ ਜਿਹੜੀਆਂ ਅਸੀਂ ਤੁਹਾਡੇ ਵੱਲ ਵਹੀ ਕਰਦੇ ਹਾਂ। ਇਹਨਾਂ ਖ਼ਬਰਾਂ ਨੂੰ ਇਸ ਤੋਂ ਪਹਿਲਾਂ ਨਾ ਹੀ ਤੁਸੀਂ ਜਾਣਦੇ ਸੀ ਅਤੇ ਨਾ ਹੀ ਤੁਹਾਡੀ ਕੌਮ (ਮੱਕੇ ਵਾਲੇ) ਜਾਣਦੇ ਸੀ। ਸੋ ਤੁਸੀਂ (ਇਹਨਾਂ ਦੇ ਇਨਕਾਰ ਕਰਨ 'ਤੇ) ਧੀਰਜ ਤੋਂ ਕੰਮ ਲਵੋ। ਅੰਤ ਭਲਾ ਉਹਨਾਂ ਲੋਕਾਂ ਦਾ ਹੀ ਹੈ ਜਿਹੜੇ ਪਰਹੇਜ਼ਗਾਰ ਹਨ।[1]

تِلْكَ مِنْ أَنْبَاءِ الْغَيْبِ نُوحِيهَا إِلَيْكَ ۖ مَا كُنْتَ
تَعْلَمُهَا أَنْتَ وَلَا قَوْمُكَ مِنْ قَبْلِ هَٰذَا ۖ
فَاصْبِرْ ۖ إِنَّ الْعَاقِبَةَ لِلْمُتَّقِينَ ﴿49﴾

50. ਅਸੀਂ ਆਦ ਕੌਮ ਵੱਲ ਉਹਨਾਂ ਦੇ ਭਰਾ ਹੂਦ ਨੂੰ ਭੇਜਿਆ। ਉਸ (ਹੂਦ) ਨੇ ਕਿਹਾ ਕਿ ਹੇ ਮੇਰੀ ਕੌਮ! ਤੁਸੀਂ ਅੱਲਾਹ ਹੀ ਦੀ ਇਬਾਦਤ ਕਰੋ, ਉਸ ਤੋਂ ਛੁੱਟ ਤੁਹਾਡਾ ਹੋਰ ਕੋਈ ਇਸ਼ਟ ਨਹੀਂ, ਤੁਸੀਂ ਤਾਂ ਨਿਰਾ ਝੂਠ ਘੜ੍ਹਣ ਵਾਲੇ ਹੋ।

وَإِلَىٰ عَادٍ أَخَاهُمْ هُودًا ۚ قَالَ يَا قَوْمِ اعْبُدُوا اللَّهَ
مَا لَكُمْ مِنْ إِلَٰهٍ غَيْرُهُ ۖ إِنْ أَنْتُمْ إِلَّا مُفْتَرُونَ ﴿50﴾

51. ਹੇ ਮੇਰੀ ਕੌਮ! ਮੈਂ ਤੁਹਾਥੋਂ ਇਸ (ਸਿੱਖਿਆ ਦੇਣ) ਦਾ ਕੋਈ ਬਦਲਾ ਨਹੀਂ ਮੰਗਦਾ ਮੇਰਾ ਬਦਲਾ ਤਾਂ ਉਸ ਦੇ ਜ਼ਿੰਮੇ ਹੈ ਜਿਸ ਨੇ ਮੈਨੂੰ ਪੈਦਾ ਕੀਤਾ ਹੈ। ਕੀ ਤੁਸੀਂ ਫੇਰ ਵੀ ਅਕਲ ਤੋਂ ਕੰਮ ਨਹੀਂ ਲੈਂਦੇ?

يَا قَوْمِ لَا أَسْأَلُكُمْ عَلَيْهِ أَجْرًا ۖ إِنْ أَجْرِيَ إِلَّا عَلَى
الَّذِي فَطَرَنِي ۚ أَفَلَا تَعْقِلُونَ ﴿51﴾

52. (ਅਤੇ ਕਿਹਾ ਕਿ) ਹੇ ਮੇਰੀ ਕੌਮ! ਤੁਸੀਂ ਆਪਣੇ ਰੱਬ (ਪਾਲਣਹਾਰ) ਤੋਂ ਆਪਣੇ ਗੁਨਾਹਾਂ ਦੀ ਮੁਆਫ਼ੀ ਮੰਗੋ ਅਤੇ ਉਸ ਦੇ ਹਜ਼ੂਰ ਤੌਬਾ ਕਰੋ ਉਹ (ਅੱਲਾਹ) ਤੁਹਾਡੇ ਲਈ ਅਕਾਸ਼ ਤੋਂ (ਰਹਿਮਤਾਂ ਭਰੇ) ਬੱਦਲ ਭੇਜੇਗਾ ਅਤੇ ਤੁਹਾਡੀ ਵਰਤਮਾਨ ਸ਼ਕਤੀ ਵਿਚ ਹੋਰ ਵਧੇਰੇ ਵਾਧਾ ਕਰੇਗਾ। ਸੋ ਤੁਸੀਂ ਅਪਰਾਧੀ ਬਣ ਕੇ (ਹੱਕ ਤੋਂ) ਮੂੰਹ ਨਾ ਮੋੜੋ।

وَيَا قَوْمِ اسْتَغْفِرُوا رَبَّكُمْ ثُمَّ تُوبُوا إِلَيْهِ يُرْسِلِ
السَّمَاءَ عَلَيْكُمْ مِدْرَارًا وَيَزِدْكُمْ قُوَّةً إِلَىٰ قُوَّتِكُمْ
وَلَا تَتَوَلَّوْا مُجْرِمِينَ ﴿52﴾

53. ਕੌਮ ਨੇ ਜਵਾਬ ਵਿਚ ਕਿਹਾ ਕਿ ਹੇ ਹੂਦ! ਤੂੰ ਸਾਡੇ ਕੋਲ (ਆਪਣੇ ਨਬੀ ਹੋਣ ਦੀ) ਕੋਈ ਦਲੀਲ

قَالُوا يَا هُودُ مَا جِئْتَنَا بِبَيِّنَةٍ وَمَا نَحْنُ بِتَارِكِي
آلِهَتِنَا عَنْ قَوْلِكَ وَمَا نَحْنُ لَكَ بِمُؤْمِنِينَ ﴿53﴾

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 2/2

ਤਾਂ ਲਿਆਇਆ ਨਹੀਂ, ਅਸੀਂ ਕੇਵਲ ਤੇਰੇ ਆਖਣ 'ਤੇ ਆਪਣੇ ਇਸ਼ਟਾਂ ਨੂੰ ਨਹੀਂ ਛੱਡਣ ਵਾਲੇ ਅਤੇ ਨਾ ਹੀ ਅਸੀਂ ਤੇਰੇ ਉੱਤੇ ਈਮਾਨ ਲਿਆਉਣ ਵਾਲੇ ਹਾਂ।

54. ਸਗੋਂ ਅਸੀਂ ਤਾਂ ਇਹੋ ਸਮਝਦੇ ਹਾਂ ਕਿ ਸਾਡੇ ਕਿਸੇ ਇਸ਼ਟ ਨੇ ਤੇਰੀ ਅਕਲ ਮਾਰ ਛੱਡੀ ਹੈ। ਹੂਦ ਨੇ ਆਖਿਆ ਕਿ ਮੈਂ ਤਾਂ ਅੱਲਾਹ ਨੂੰ ਗਵਾਹ ਬਣਾਉਂਦਾ ਹਾਂ ਅਤੇ ਤੁਸੀਂ ਵੀ ਗਵਾਹ ਰਹੋ ਕਿ ਮੈਂ ਤਾਂ ਛੁੱਟ ਅੱਲਾਹ ਤੋਂ ਇਹਨਾਂ ਸਭ (ਇਸ਼ਟਾਂ) ਤੋਂ ਅਵਾਜ਼ਾਰ ਹਾਂ ਜਿਨ੍ਹਾਂ ਨੂੰ ਤੁਸੀਂ ਰੱਬ ਦਾ ਸਾਂਝੀ ਬਣਾਉਂਦੇ ਹੋ।

إِن نَّقُولُ إِلَّا اعْتَرَاكَ بَعْضُ آلِهَتِنَا بِسُوءٍ ۗ قَالَ
إِنِّي أُشْهِدُ اللَّهَ وَاشْهَدُوا أَنِّي بَرِيءٌ مِّمَّا
تُشْرِكُونَ ﴿٥٤﴾

55. ਛੁੱਟ ਅੱਲਾਹ ਤੋਂ ਤੁਸੀਂ ਸਾਰੇ ਰਲ ਮਿਲ ਕੇ ਮੈਨੂੰ ਹਾਣ ਪਹੁੰਚਾਉਣ ਦੀਆਂ ਯੋਜਨਾਵਾਂ ਬਣਾ ਲਓ ਫੇਰ ਮੈਨੂੰ ਉੱਕਾ ਹੀ ਮੋਹਲਤ ਨਾ ਦਈਓ।

مِن دُونِهِ ۖ فَكِيدُونِي جَمِيعًا ثُمَّ لَا تُنظِرُونِ ﴿٥٥﴾

56. ਬੇਸ਼ੱਕ, ਮੇਰਾ ਭਰੋਸਾ ਤਾਂ ਅੱਲਾਹ 'ਤੇ ਹੀ ਹੈ ਜਿਹੜਾ ਮੇਰਾ ਵੀ ਤੇ ਤੁਹਾਡਾ ਸਭ ਦਾ ਪਾਲਣਹਾਰ ਹੈ। (ਧਰਤੀ ਉੱਤੇ) ਚੱਲਣ ਵਾਲਾ ਕੋਈ ਵੀ (ਪ੍ਰਾਣੀ) ਅਜਿਹਾ ਨਹੀਂ ਜਿਸ ਨੂੰ ਉਸ ਨੇ ਚੋਟੀ ਤੋਂ ਨਾ ਫੜ ਰੱਖਿਆ ਹੋਵੇ। ਨਿਰਸੰਦੇਹ, ਮੇਰਾ ਪਾਲਣਹਾਰ ਸਿੱਧੀ ਰਾਹ 'ਤੇ ਹੈ।

إِنِّي تَوَكَّلْتُ عَلَى اللَّهِ رَبِّي وَرَبِّكُم ۚ مَّا مِن دَابَّةٍ
إِلَّا هُوَ آخِذٌ بِنَاصِيَتِهَا ۚ إِنَّ رَبِّي عَلَىٰ صِرَاطٍ
مُّسْتَقِيمٍ ﴿٥٦﴾

57. ਹਾਂ ਜੇ ਤੁਸੀਂ (ਹੱਕ ਤੋਂ) ਮੂੰਹ ਮੋੜੋਗੇ ਤਾਂ ਮੈਂ ਤੁਹਾਨੂੰ ਉਹ ਸੁਨੇਹਾ ਦੇ ਚੁੱਕਿਆ ਹਾਂ ਜਿਹੜਾ ਤੁਹਾਡੇ ਵੱਲ ਦੇ ਕੇ ਮੈਨੂੰ ਭੇਜਿਆ ਗਿਆ ਸੀ। ਮੇਰਾ ਰੱਬ ਇਕ ਹੋਰ ਕੌਮ ਨੂੰ ਤੁਹਾਡਾ ਜਾਨਸ਼ੀਨ ਬਣਾ ਦੇਵੇਗਾ ਅਤੇ ਤੁਸੀਂ ਉਸ (ਰੱਬ) ਦਾ ਕੁੱਝ ਵੀ ਵਿਗਾੜ ਨਹੀਂ ਸਕੋਗੇ। ਵਾਸਤਵ ਵਿਚ ਮੇਰਾ ਰੱਬ ਹੀ ਹਰ ਚੀਜ਼ ਦੀ ਨਿਗਰਾਨੀ ਕਰਦਾ ਹੈ।

فَإِن تَوَلَّوْا فَقَدْ أَبْلَغْتُكُم مَّا أُرْسِلْتُ بِهِ إِلَيْكُمْ ۚ
وَيَسْتَخْلِفُ رَبِّي قَوْمًا غَيْرَكُمْ وَلَا تَضُرُّونَهُ
شَيْئًا ۚ إِنَّ رَبِّي عَلَىٰ كُلِّ شَيْءٍ حَفِيظٌ ﴿٥٧﴾

58. ਜਦੋਂ ਸਾਡਾ ਅਜ਼ਾਬ ਆ ਗਿਆ ਤਾਂ ਅਸਾਂ ਹੂਦ ਤੇ ਉਸ ਦੇ ਈਮਾਨ ਵਾਲੇ (ਆਗਿਆਕਾਰੀ) ਸਾਥੀਆਂ ਨੂੰ ਆਪਣੀ ਖ਼ਾਸ ਮਿਹਰਾਂ ਸਦਕੇ (ਕੁਰਾਹੇ ਪੈਣ ਤੋਂ) ਬਚਾ ਲਿਆ ਅਤੇ ਅਸੀਂ ਉਹਨਾਂ ਸਭ ਨੂੰ ਕਰੜੇ ਅਜ਼ਾਬ ਤੋਂ ਬਚਾ ਲਿਆ।

وَلَمَّا جَآءَ اَمْرُنَا نَجَّيْنَا هُوْدًا وَّالَّذِيْنَ اٰمَنُوْا مَعَهٗ
بِرَحْمَةٍ مِّنَّا ۚ وَنَجَّيْنٰهُمْ مِّنْ عَذَابٍ غَلِيْظٍ ﴿۵۸﴾

59. ਅਤੇ ਵੇਖੋ ਇਹ ਕੌਮੇ-ਆਦ ਸੀ, ਜਿਸ ਨੇ ਆਪਣੇ ਰੱਬ ਦੀਆਂ ਆਇਤਾਂ (ਹੁਕਮਾਂ) ਦਾ ਇਨਕਾਰ ਅਤੇ ਅੱਲਾਹ ਦੇ ਰਸੂਲਾਂ ਦੀ ਨਾ-ਫ਼ਰਮਾਨੀ ਕੀਤੀ ਸੀ ਅਤੇ ਹਰੇਕ ਸਰਕਸ਼ (ਰੱਬ ਦੇ ਬਾਗ਼ੀ) ਤੇ (ਸੱਚਾਈ ਨਾਲ) ਵੈਰ ਰੱਖਣ ਵਾਲੇ ਦਾ ਕਹਿਣਾ ਮੰਨਿਆਂ।

وَتِلْكَ عَادٌ ۟ۙ جَحَدُوْا بِاٰيٰتِ رَبِّهِمْ وَعَصَوْا رُسُلَهٗ
وَاتَّبَعُوْۤا اَمْرَ كُلِّ جَبَّارٍ عَنِيْدٍ ﴿۵۹﴾

60 ਉਹਨਾਂ ਦੇ ਪਿੱਛੇ ਇਸ ਸੰਸਾਰ ਦੀ ਵੀ ਅਤੇ ਕਿਆਮਤ ਦਿਹਾੜੇ ਦੀ ਵੀ ਲਾਅਨਤ ਲੱਗੀ ਰਹੇਗੀ। ਵੇਖੋ ਆਦ ਦੀ ਕੌਮ ਨੇ ਆਪਣੇ ਰੱਬ ਦਾ ਇਨਕਾਰ ਕੀਤਾ। ਸੁਣੋ! ਹੂਦ ਦੀ ਕੌਮ ਆਦ ਉੱਤੇ ਲਾਅਨਤ ਹੈ।

وَاُتْبِعُوْا فِيْ هٰذِهِ الدُّنْيَا لَعْنَةً وَّيَوْمَ الْقِيٰمَةِ ؕ
اَلَاۤ اِنَّ عَادًا كَفَرُوْا رَبَّهُمْ ؕ اَلَا بُعْدًا لِّعَادٍ
قَوْمِ هُوْدٍ ﴿۶۰﴾

61. ਅਸੀਂ ਸਮੂਦ (ਦੀ ਕੌਮ) ਵੱਲ ਉਹਨਾਂ ਦੇ ਭਰਾ ਸਾਲੇਹ ਨੂੰ (ਨਬੀ ਬਣਾਕੇ) ਭੇਜਿਆ ਉਹਨਾਂ ਨੇ ਆਪਣੀ ਕੌਮ ਨੂੰ ਆਖਿਆ ਕਿ ਤੁਸੀਂ ਸਾਰੇ ਅੱਲਾਹ ਦੀ ਇਬਾਦਤ ਕਰੋ, ਉਸ ਤੋਂ ਛੁੱਟ ਤੁਹਾਡਾ ਹੋਰ ਕੋਈ ਇਸ਼ਟ ਨਹੀਂ। ਉਸੇ ਨੇ ਤੁਹਾਨੂੰ ਧਰਤੀ (ਮਿੱਟੀ) ਤੋਂ ਪੈਦਾ ਕੀਤਾ ਅਤੇ ਉਸੇ ਨੇ ਇਸ ਧਰਤੀ ਉੱਤੇ ਤੁਹਾਨੂੰ ਵਸਾਇਆ ਹੈ। ਉਸੇ ਤੋਂ ਹੀ ਆਪਣੇ ਗੁਨਾਹਾਂ ਦੀ ਮੁਆਫ਼ੀ ਮੰਗੋ ਅਤੇ ਉਸੇ ਵੱਲ ਪਰਤ ਆਓ । ਬੇਸ਼ੱਕ ਮੇਰਾ ਰੱਬ ਤੁਹਾਡੇ ਨੇੜੇ ਹੀ ਹੈ ਤੇ ਦੁਆਵਾਂ ਨੂੰ ਕਬੂਲਣ ਵਾਲਾ ਹੈ।

وَاِلٰى ثَمُوْدَ اَخَاهُمْ صٰلِحًا ۘ قَالَ يٰقَوْمِ اعْبُدُوا
اللّٰهَ مَا لَكُمْ مِّنْ اِلٰهٍ غَيْرُهٗ ؕ هُوَ اَنْشَاَكُمْ مِّنَ
الْاَرْضِ وَاسْتَعْمَرَكُمْ فِيْهَا فَاسْتَغْفِرُوْهُ ثُمَّ تُوْبُوْۤا
اِلَيْهِ ؕ اِنَّ رَبِّيْ قَرِيْبٌ مُّجِيْبٌ ﴿۶۱﴾

62. ਉਹਨਾਂ (ਕੌਮੇ-ਸਮੂਦ) ਨੇ ਆਖਿਆ ਕਿ ਹੇ ਸਾਲੇਹ। ਇਸ ਤੋਂ ਪਹਿਲਾਂ ਤੂੰ ਸਾਡੀਆਂ ਆਸਾਂ ਦਾ ਕੇਂਦਰ ਸੀ, ਕੀ ਤੂੰ ਸਾਨੂੰ ਉਹਨਾਂ ਇਸ਼ਟਾਂ ਦੀ ਇਬਾਦਤ ਤੋਂ ਰੋਕਦਾ ਹੈ ਜਿਨ੍ਹਾਂ ਦੀ ਇਬਾਦਤ

قَالُوْا يٰصٰلِحُ قَدْ كُنْتَ فِيْنَا مَرْجُوًّا قَبْلَ هٰذَاۤ
اَتَنْهٰىنَاۤ اَنْ نَّعْبُدَ مَا يَعْبُدُ اٰبَآؤُنَا وَاِنَّنَا لَفِيْ
شَكٍّ مِّمَّا تَدْعُوْنَاۤ اِلَيْهِ مُرِيْبٍ ﴿۶۲﴾

ਸਾਡੇ ਪਿਓ ਦਾਦੇ ਕਰਦੇ ਸਨ। ਜਿਸ ਚੀਜ਼ (ਇਕ ਰੱਬ) ਵੱਲ ਤੂੰ ਸਾਨੂੰ ਬੁਲਾ ਰਿਹਾ ਹੈ ਸਾਨੂੰ ਤਾਂ ਉਸ ਦੇ ਪ੍ਰਤੀ ਸ਼ੰਕਾ ਹੈ ਜੋ ਸਾਡੀ ਦੁਬਿਧਾ ਦਾ ਕਾਰਨ ਹੈ।

قَالَ يَٰقَوْمِ أَرَءَيْتُمْ إِن كُنتُ عَلَىٰ بَيِّنَةٍ مِّن رَّبِّي
وَءَاتَىٰنِي مِنْهُ رَحْمَةً فَمَن يَنصُرُنِي مِنَ ٱللَّهِ
إِنْ عَصَيْتُهُۥ فَمَا تَزِيدُونَنِي غَيْرَ تَخْسِيرٍ ٦٣

63. ਉਸ (ਸਾਲੇਹ) ਨੇ ਕਿਹਾ ਕਿ ਹੇ ਮੇਰੀ ਕੌਮ ਵਾਲਿਓ! ਰਤਾ ਦੱਸੋ ਤਾਂ ਸਹੀ ਜੇ ਮੈਂ ਆਪਣੇ ਰੱਬ ਵੱਲੋਂ ਕਿਸੇ (ਠੋਸ) ਦਲੀਲ 'ਤੇ ਹੋਵਾਂ ਅਤੇ ਉਸ ਨੇ ਮੈਨੂੰ (ਵਿਸ਼ੇਸ਼) ਮਿਹਰ (ਭਾਵ ਨਬੁੱਵਤ) ਬਖ਼ਸ਼ੀ ਹੋਵੇ ਫੇਰ ਜੇ ਮੈਂ ਉਸ ਦੀ ਨਾ-ਫ਼ਰਮਾਨੀ ਕਰਾਂ ਤਾਂ ਅੱਲਾਹ ਦੇ ਅਜ਼ਾਬ ਤੋਂ ਮੈਨੂੰ ਕੌਣ ਬਚਾਵੇਗਾ? ਤੁਸੀਂ ਤਾਂ ਮੇਰੇ ਨੁਕਸਾਨ ਵਿਚ ਵਾਧਾ ਕਰ ਰਹੇ ਹੋ।

وَيَٰقَوْمِ هَٰذِهِۦ نَاقَةُ ٱللَّهِ لَكُمْ ءَايَةً فَذَرُوهَا
تَأْكُلْ فِيٓ أَرْضِ ٱللَّهِ وَلَا تَمَسُّوهَا بِسُوٓءٍ
فَيَأْخُذَكُمْ عَذَابٌ قَرِيبٌ ٦٤

64. (ਸਾਲੇਹ ਨੇ ਕਿਹਾ ਕਿ) ਹੇ ਮੇਰੀ ਕੌਮ! ਇਹ ਵੇਖੋ ਇਹ ਊਠਣੀ ਤੁਹਾਡੇ ਲਈ ਅੱਲਾਹ ਦੀ ਨਿਸ਼ਾਨੀ (ਵਜੋਂ) ਹੈ। ਸੋ ਤੁਸੀਂ ਇਸ ਨੂੰ ਰੱਬ ਦੀ ਧਰਤੀ 'ਤੇ ਚਰਣ-ਚੁਗਣ ਲਈ ਛੱਡ ਦਿਓ, ਤੁਸੀਂ ਇਸ ਨਾਲ ਬੁਰੇ ਇਰਾਦੇ ਨਾਲ ਰਤਾ ਵੀ ਛੇੜ ਛਾੜ ਨਾ ਕਰਿਓ, ਨਹੀਂ ਤਾਂ ਤੁਹਾਨੂੰ ਛੇਤੀ ਹੀ ਅਜ਼ਾਬ ਆ ਨੱਪੇਗਾ।

فَعَقَرُوهَا فَقَالَ تَمَتَّعُوا۟ فِى دَارِكُمْ ثَلَٰثَةَ
أَيَّامٍ ذَٰلِكَ وَعْدٌ غَيْرُ مَكْذُوبٍ ٦٥

65. ਪਰ ਉਹਨਾਂ ਨੇ ਉਹਦੀਆਂ ਟੰਗਾਂ ਵੱਢ ਸੁੱਟੀਆਂ। ਇਸ 'ਤੇ ਸਾਲੇਹ ਨੇ ਚਿਤਾਵਨੀ ਦਿੱਤੀ ਕਿ ਚੰਗਾ ਹੁਣ ਤੁਸੀਂ ਆਪਣੇ ਆਪਣੇ ਘਰਾਂ ਵਿਚ ਤਿੰਨ ਦਿਨ ਹੋਰ ਰਸ ਵਸ ਲਓ। (ਤੁਹਾਡੇ 'ਤੇ ਅਜ਼ਾਬ ਆਉਣ ਵਾਲਾ ਹੈ) ਇਹ ਅਜਿਹਾ ਵਾਅਦਾ ਹੈ ਜਿਹੜਾ ਝੂਠਾ ਸਿੱਧ ਨਹੀਂ ਹੋਵੇਗਾ।

فَلَمَّا جَآءَ أَمْرُنَا نَجَّيْنَا صَٰلِحًا وَٱلَّذِينَ ءَامَنُوا۟
مَعَهُۥ بِرَحْمَةٍ مِّنَّا وَمِنْ خِزْىِ يَوْمِئِذٍ
إِنَّ رَبَّكَ هُوَ ٱلْقَوِىُّ ٱلْعَزِيزُ ٦٦

66. ਜਦੋਂ ਸਾਡਾ ਹੁਕਮ (ਅਜ਼ਾਬ) ਆ ਗਿਆ ਤਾਂ ਫੇਰ ਅਸੀਂ ਸਾਲੇਹ ਅਤੇ ਉਸ ਦੇ ਈਮਾਨ ਲਿਆਉਣ ਵਾਲਿਆਂ ਨੂੰ ਆਪਣੀ ਮਿਹਰਾਂ ਸਦਕੇ ਅਜ਼ਾਬ ਤੋਂ ਬਚਾ ਲਿਆ ਅਤੇ ਉਸ (ਕਿਆਮਤ ਦਿਹਾੜੇ ਦੇ ਅਜ਼ਾਬ) ਤੋਂ ਵੀ ਬਚਾ ਲਿਆ। ਬੇਸ਼ੱਕ ਤੇਰਾ ਰੱਬ ਹੀ ਅਸਲ ਵਿਚ ਸਰਬ ਸ਼ਕਤੀਮਾਨ ਤੇ ਜ਼ੋਰਾਵਰ ਹੈ।

وَأَخَذَ الَّذِينَ ظَلَمُوا الصَّيْحَةُ فَأَصْبَحُوا
فِي دِيَارِهِمْ جَاثِمِينَ ٦٧

67. ਅਤੇ ਜ਼ਾਲਮਾਂ ਨੂੰ ਇਕ ਕੜਾਕੇਦਾਰ ਧਮਾਕੇ ਨੇ ਨੱਪ ਲਿਆ ਫੇਰ ਤਾਂ ਉਹ ਆਪਣੇ ਘਰਾਂ ਵਿਚ ਉਲਟੇ ਮੂੰਹ ਡਿੱਗੇ ਰਹਿ ਗਏ।

كَأَن لَّمْ يَغْنَوْا فِيهَا ۗ أَلَا إِنَّ ثَمُودَ
كَفَرُوا رَبَّهُمْ ۗ أَلَا بُعْدًا لِّثَمُودَ ٦٨

68. (ਉਸ ਬਸਤੀ ਵਿਚ ਇੰਜ ਲੱਗਦਾ ਸੀ) ਜਿਵੇਂ ਕਿ ਉਹ ਉੱਥੇ ਕਦੇ ਵਸੇ ਹੀ ਨਹੀਂ ਸੀ। ਸਾਵਧਾਨ ਰਹੋ! ਕਿ ਬੇਸ਼ੱਕ ਸਮੂਦ ਨੇ ਆਪਣੇ ਰੱਬ ਨਾਲ ਕੁਫ਼ਰ ਕੀਤਾ, ਇਹਨਾਂ ਸਮੂਦੀਆਂ 'ਤੇ ਫਿਟਕਾਰ ਹੈ।

وَلَقَدْ جَاءَتْ رُسُلُنَا إِبْرَاهِيمَ بِالْبُشْرَىٰ
قَالُوا سَلَامًا ۖ قَالَ سَلَامٌ ۖ فَمَا لَبِثَ أَن
جَاءَ بِعِجْلٍ حَنِيذٍ ٦٩

69. ਨਿਰਸੰਦੇਹ! ਸਾਡੇ ਭੇਜੇ ਹੋਏ (ਫ਼ਰਿਸ਼ਤੇ) ਇਬਰਾਹੀਮ ਕੋਲ ਖ਼ੁਸ਼ਖ਼ਬਰੀ ਲੈਕੇ ਆਏ ਤੇ ਆਖਿਆ ਕਿ ਤੁਹਾਡੇ 'ਤੇ ਸਲਾਮ ਹੋਵੇ। ਉਹਨਾਂ (ਇਬਰਾਹੀਮ) ਨੇ ਵੀ ਜਵਾਬ ਵਿਚ ਸਲਾਮ ਕਿਹਾ ਅਤੇ ਬਿਨਾਂ ਦੇਰੀ ਕੀਤੇ ਭੁੰਨਿਆ ਹੋਇਆ ਵੱਛਾ (ਉਹਨਾਂ ਲਈ) ਲਿਆਏ।

فَلَمَّا رَأَىٰ أَيْدِيَهُمْ لَا تَصِلُ إِلَيْهِ نَكِرَهُمْ وَأَوْجَسَ
مِنْهُمْ خِيفَةً ۚ قَالُوا لَا تَخَفْ إِنَّا أُرْسِلْنَا إِلَىٰ
قَوْمِ لُوطٍ ٧٠

70. ਜਦੋਂ ਵੇਖਿਆ ਕਿ ਉਹਨਾਂ (ਫ਼ਰਿਸ਼ਤਿਆਂ) ਦੇ ਹੱਥ ਉਸ (ਭੋਜਨ) ਵੱਲ ਵਧ ਹੀ ਨਹੀਂ ਰਹੇ ਤਾਂ (ਇਬਰਾਹੀਮ) ਉਹਨਾਂ ਨੂੰ ਅਜਨਬੀ ਸਮਝ ਕੇ ਮਨ ਹੀ ਮਨ ਵਿਚ ਉਹਨਾਂ ਤੋਂ ਭੈਭੀਤ ਹੋ ਗਿਆ। (ਇਹ ਵੇਖ) ਉਹਨਾਂ (ਫ਼ਰਿਸ਼ਤਿਆਂ) ਨੇ ਕਿਹਾ ਕਿ ਸਾਥੋਂ ਨਾ ਡਰੋ ਅਸੀਂ ਤਾਂ ਲੂਤ ਦੀ ਕੌਮ ਵੱਲ ਘੱਲੇ ਗਏ ਹਾਂ।

وَامْرَأَتُهُ قَائِمَةٌ فَضَحِكَتْ فَبَشَّرْنَاهَا
بِإِسْحَاقَ وَمِن وَرَاءِ إِسْحَاقَ يَعْقُوبَ ٧١

71. ਉਹਨਾਂ (ਇਬਰਾਹੀਮ) ਦੀ ਪਤਨੀ (ਬੀਬੀ ਸਾਰਾ) ਜਿਹੜੀ ਉੱਥੇ ਹੀ ਖੜੀ ਸੀ (ਇਬਰਾਹੀਮ ਦੀ ਭੈਅ ਭੀਤ ਹਾਲਤ ਵੇਖ ਕੇ) ਹੱਸਣ ਲੱਗੀ ਤਾਂ ਅਸੀਂ (ਉਹਨਾਂ ਫ਼ਰਿਸ਼ਤਿਆਂ ਰਾਹੀਂ) ਉਸ ਨੂੰ ਇਸਹਾਕ ਅਤੇ ਇਸਹਾਕ ਮਗਰੋਂ ਯਾਕੂਬ (ਨੂੰ ਨਬੀ ਬਣਾਉਣ) ਦੀ ਖ਼ੁਸ਼ਖ਼ਬਰੀ ਸੁਣਾਈ।

قَالَتْ يَا وَيْلَتَىٰ أَأَلِدُ وَأَنَا عَجُوزٌ وَهَٰذَا
بَعْلِي شَيْخًا ۖ إِنَّ هَٰذَا لَشَيْءٌ عَجِيبٌ ٧٢

72. (ਇਬਰਾਹੀਮ ਦੀ ਪਤਨੀ ਸਾਰਾ) ਆਖਣ ਲੱਗੀ ਕਿ (ਹਾਏ ਕੰਬਖ਼ਤੀ) ਮੇਰੇ ਔਲਾਦ ਕਿਵੇਂ ਹੋਵੇਗੀ ਜਦ ਕਿ ਮੈਂ ਬੁੱਢੀ ਹੋ ਗਈ ਹਾਂ ਅਤੇ ਮੇਰਾ ਪਤੀ ਵੀ ਬਹੁਤ ਬੁੱਢਾ ਹੈ। ਇਹ ਤਾਂ ਬਹੁਤ ਹੀ ਹੈਰਾਨੀ ਦੀ ਗੱਲ ਹੈ।

قَالُوٓا أَتَعۡجَبِينَ مِنۡ أَمۡرِ ٱللَّهِۖ رَحۡمَتُ ٱللَّهِ وَبَرَكَٰتُهُۥ
عَلَيۡكُمۡ أَهۡلَ ٱلۡبَيۡتِۚ إِنَّهُۥ حَمِيدٞ مَّجِيدٞ (٧٣)

73 (ਫ਼ਰਿਸ਼ਤਿਆਂ ਨੇ) ਕਿਹਾ, ਕੀ ਤੂੰ ਅੱਲਾਹ ਦੇ ਹੁਕਮ 'ਤੇ ਹੈਰਾਨ ਹੋ ਰਹੀ ਹੈਂ? ਹੇ ਇਸ ਘਰ ਵਾਲਿਓ! ਤੁਹਾਡੇ 'ਤੇ ਅੱਲਾਹ ਦੀਆਂ ਰਹਿਮਤਾਂ ਅਤੇ ਉਸ ਦੀਆਂ ਬਰਕਤਾਂ ਨਾਜ਼ਿਲ ਹੋਣ ਬੇਸ਼ੱਕ ਅੱਲਾਹ ਅਤਿਅੰਤ ਸ਼ਲਾਘਾ ਯੋਗ ਤੇ ਉੱਚੀਆਂ ਸ਼ਾਨਾਂ ਵਾਲਾ ਹੈ।

فَلَمَّا ذَهَبَ عَنۡ إِبۡرَٰهِيمَ ٱلرَّوۡعُ وَجَآءَتۡهُ
ٱلۡبُشۡرَىٰ يُجَٰدِلُنَا فِي قَوۡمِ لُوطٍ (٧٤)

74. ਜਦੋਂ ਉਸ (ਇਬਰਾਹੀਮ) ਦਾ ਡਰ ਦੂਰ ਹੋ ਗਿਆ ਅਤੇ ਉਸ ਨੂੰ ਖ਼ੁਸ਼ਖ਼ਬਰੀ ਵੀ ਮਿਲ ਗਈ ਤਾਂ ਉਹ ਸਾਡੇ ਨਾਲ ਲੂਤ ਦੀ ਕੌਮ ਬਾਰੇ ਝਗੜਨ ਲੱਗ ਪਿਆ।

إِنَّ إِبۡرَٰهِيمَ لَحَلِيمٌ أَوَّٰهٞ مُّنِيبٞ (٧٥)

75. ਅਸਲ ਵਿਚ ਇਬਰਾਹੀਮ ਬਹੁਤ ਹੀ ਸਹਿਨਸ਼ੀਲ ਤੇ ਕੋਮਲ ਹਿਰਦੇ ਵਾਲਾ ਅਤੇ ਸਾਡੇ (ਅੱਲਾਹ ਵੱਲ) ਹੀ ਝੁਕਣ ਵਾਲਾ ਵਿਅਕਤੀ ਸੀ।

يَٰٓإِبۡرَٰهِيمُ أَعۡرِضۡ عَنۡ هَٰذَآۖ إِنَّهُۥ قَدۡ جَآءَ أَمۡرُ
رَبِّكَۖ وَإِنَّهُمۡ ءَاتِيهِمۡ عَذَابٌ غَيۡرُ مَرۡدُودٖ (٧٦)

76 (ਫ਼ਰਿਸ਼ਤਿਆਂ ਨੇ) ਆਖਿਆ ਕਿ ਇਬਰਾਹੀਮ ਤੁਸੀਂ ਇਹ ਵਿਚਾਰ ਛੱਡ ਦਿਓ ਤੁਹਾਡੇ ਰੱਬ ਦਾ ਹੁਕਮ (ਅਜ਼ਾਬ ਦੇਣ ਦਾ) ਆ ਗਿਆ ਹੈ। ਇਹਨਾਂ (ਕੌਮੇ ਲੂਤ) 'ਤੇ ਇਕ ਨਾ-ਟਲਣ ਵਾਲਾ ਅਜ਼ਾਬ ਜ਼ਰੂਰ ਹੀ ਆਉਣ ਵਾਲਾ ਹੈ।

وَلَمَّا جَآءَتۡ رُسُلُنَا لُوطٗا سِيٓءَ بِهِمۡ وَضَاقَ
بِهِمۡ ذَرۡعٗا وَقَالَ هَٰذَا يَوۡمٌ عَصِيبٞ (٧٧)

77 ਜਦੋਂ ਸਾਡੇ ਭੇਜੇ ਹੋਏ (ਫ਼ਰਿਸ਼ਤੇ) ਲੂਤ ਦੇ ਕੋਲ ਪਹੁੰਚੇ ਤਾਂ ਉਹ (ਲੂਤ) ਉਹਨਾਂ ਦੇ ਆਉਣ ਨਾਲ ਬਹੁਤ ਹੀ ਦੁਖੀ ਹੋਇਆ ਅਤੇ ਦਿਲੋਂ ਤੰਗ ਹੋਇਆ (ਭਾਵ ਘਬਰਾਇਆ) ਅਤੇ ਆਖਣ ਲੱਗਿਆ ਕਿ ਅੱਜ ਤਾਂ ਬਹੁਤ ਹੀ ਕਰੜਾ ਦਿਨ ਹੈ।

وَجَآءَهُۥ قَوۡمُهُۥ يُهۡرَعُونَ إِلَيۡهِ وَمِن قَبۡلُ كَانُواْ
يَعۡمَلُونَ ٱلسَّيِّـَٔاتِۚ قَالَ يَٰقَوۡمِ هَٰٓؤُلَآءِ بَنَاتِي
هُنَّ أَطۡهَرُ لَكُمۡۖ فَٱتَّقُواْ ٱللَّهَ وَلَا تُخۡزُونِ فِي
ضَيۡفِيٓۖ أَلَيۡسَ مِنكُمۡ رَجُلٞ رَّشِيدٞ (٧٨)

78 ਉਸ ਦੀ ਕੌਮ ਦੇ ਲੋਕ (ਮਹਿਮਾਨਾਂ ਨੂੰ ਵੇਖ) ਨੱਸਦੇ ਹੋਏ ਉਸ (ਲੂਤ) ਕੋਲ ਆਏ ਜਿਹੜੇ ਕਿ ਪਹਿਲਾਂ ਤੋਂ ਹੀ ਅਸ਼ਲੀਲਤਾ ਭਰੇ ਕੰਮ ਕਰਦੇ ਸਨ। ਉਸ (ਲੂਤ) ਨੇ ਕਿਹਾ ਕਿ ਹੇ ਮੇਰੀ ਕੌਮ ਦੇ ਲੋਕੋ! ਇਹ ਮੇਰੀ (ਕੌਮ ਦੀਆਂ) ਧੀਆਂ ਹਨ (ਇਹਨਾਂ ਨਾਲ ਨਿਕਾਹ ਕਰ ਲਵੋ) ਇਹ ਤੁਹਾਡੇ ਲਈ

ਅਤਿਅੰਤ ਪਵਿੱਤਰ ਹਨ। ਸੋ ਤੁਸੀਂ ਅੱਲਾਹ ਤੋਂ ਡਰੋ ਅਤੇ ਮੇਰੇ ਮਹਿਮਾਨਾਂ ਦੇ ਸਾਹਮਣੇ ਮੈਨੂੰ ਜ਼ਲੀਲ ਨਾ ਕਰੋ, ਕੀ ਤੁਹਾਡੇ ਵਿੱਚੋਂ ਇਕ ਵੀ ਭਲਾ ਵਿਅਕਤੀ ਨਹੀਂ।

قَالُوا لَقَدْ عَلِمْتَ مَا لَنَا فِي بَنَاتِكَ مِنْ حَقٍّ ۚ وَإِنَّكَ لَتَعْلَمُ مَا نُرِيدُ (٧٩)

79. (ਕੌਮ ਨੇ) ਕਿਹਾ ਕਿ ਤੂੰ ਤਾਂ ਚੰਗੀ ਤਰ੍ਹਾਂ ਜਾਣਦਾ ਹੈ ਕਿ ਤੇਰੀ (ਕੌਮ ਦੀਆਂ) ਧੀਆਂ ਨਾਲ ਸਾਨੂੰ ਕੋਈ ਸਰੋਕਾਰ ਨਹੀਂ। ਤੂੰ ਤਾਂ ਸਾਡੀ ਅਸਲੀ ਇੱਛਾ ਤੋਂ ਭਲੀ-ਭਾਂਤ ਜਾਣੂ ਹੈ।

قَالَ لَوْ أَنَّ لِي بِكُمْ قُوَّةً أَوْ آوِي إِلَىٰ رُكْنٍ شَدِيدٍ (٨٠)

80. (ਲੂਤ ਨੇ) ਕਿਹਾ ਕਿ ਕਾਸ਼ ਮੈਂ ਤੁਹਾਡੇ ਨਾਲ ਮੁਕਾਬਲਾ ਕਰਨ ਦੀ ਤਾਕਤ ਰੱਖਦਾ ਜਾਂ ਮੇਰਾ ਕੋਈ ਜ਼ੋਰਾਵਰ ਹਿਮਾਇਤੀ ਹੁੰਦਾ।

قَالُوا يَا لُوطُ إِنَّا رُسُلُ رَبِّكَ لَنْ يَصِلُوا إِلَيْكَ ۖ فَأَسْرِ بِأَهْلِكَ بِقِطْعٍ مِنَ اللَّيْلِ وَلَا يَلْتَفِتْ مِنْكُمْ أَحَدٌ إِلَّا امْرَأَتَكَ ۖ إِنَّهُ مُصِيبُهَا مَا أَصَابَهُمْ ۚ إِنَّ مَوْعِدَهُمُ الصُّبْحُ ۚ أَلَيْسَ الصُّبْحُ بِقَرِيبٍ

81. ਫ਼ਰਿਸ਼ਤਿਆਂ ਨੇ ਆਖਿਆ ਕਿ ਹੇ ਲੂਤ! ਅਸੀਂ ਤੇਰੇ ਪਾਲਣਹਾਰ ਵੱਲੋਂ ਭੇਜੇ ਹੋਏ ਹਾਂ, ਇਹ ਲੋਕ ਤੁਹਾਡੇ 'ਤੇ ਹੱਥ ਨਹੀਂ ਪਾ ਸਕਦੇ। ਤੂੰ ਆਪਣੇ ਘਰ ਵਾਲਿਆਂ ਨੂੰ ਲੈਕੇ ਰਾਤ ਨੂੰ ਕਿਸੇ ਵੇਲੇ ਨਿਕਲ ਜਾ, ਤੁਹਾਡੇ ਵਿਚੋਂ ਕੋਈ ਵੀ ਪਿੱਛੇ ਮੁੜ ਕੇ ਨਾ ਵੇਖੇ, ਤੇਰੀ ਪਤਨੀ ਤੋਂ ਛੁੱਟ (ਸਾਰੇ ਚਲੇ ਜਾਓ) ਕਿਉਂ ਜੋ ਉਸ ਨੂੰ ਵੀ ਉਹੀਓ (ਅਜ਼ਾਬ) ਪਹੁੰਚਣ ਵਾਲਾ ਹੈ ਜਿਹੜਾ ਉਹਨਾਂ ਸਾਰਿਆਂ (ਜ਼ਾਲਮਾਂ) ਨੂੰ ਪਹੁੰਚੇਗਾ। ਬੇਸ਼ੱਕ ਇਹਨਾਂ ਦਾ ਵਾਇਦਾ (ਅਜ਼ਾਬ ਦੇਣ ਦਾ) ਸਵੇਰੇ ਦਾ ਸਮਾਂ ਹੈ। ਕੀ ਸਵੇਰ ਦਾ ਸਮਾਂ ਨੇੜੇ ਨਹੀਂ ਆ ਲੱਗਿਆ?[1]

فَلَمَّا جَاءَ أَمْرُنَا جَعَلْنَا عَالِيَهَا سَافِلَهَا وَأَمْطَرْنَا عَلَيْهَا حِجَارَةً مِنْ سِجِّيلٍ مَنْضُودٍ (٨٢)

82. ਜਦੋਂ ਸਾਡਾ ਹੁਕਮ (ਭਾਵ ਅਜ਼ਾਬ) ਆ ਗਿਆ ਤਾਂ ਅਸਾਂ ਉਸ ਬਸਤੀ ਨੂੰ ਉੱਪਰੋ-ਥੱਲੇ ਕਰ ਦਿੱਤਾ ਅਤੇ ਉਹਨਾਂ 'ਤੇ ਖਿੰਘਰਾਂ ਦਾ ਤਾਬੜ-ਤੋੜ ਮੀਂਹ ਬਰਸਾਇਆ।

---

[1] ਵੇਖੋ ਸੂਰਤ ਅਲ-ਕਮਰ, ਹਾਸ਼ੀਆ ਆਇਤ 39,33/54

83. ਹਰ ਪੱਥਰ 'ਤੇ ਤੇਰੇ ਰੱਬ ਦੀ ਨਿਸ਼ਾਨੀ ਲੱਗੀ ਹੋਈ ਸੀ ਅਤੇ ਉਹ ਬਸਤੀ ਇਹਨਾਂ ਜ਼ਾਲਮਾਂ ਤੋਂ (ਭਾਵ ਮੱਕੇ ਤੋਂ) ਕੁੱਝ ਵੀ ਦੂਰ ਨਹੀਂ ਸੀ।

مُسَوَّمَةً عِندَ رَبِّكَ ۖ وَمَا هِيَ مِنَ
الظَّالِمِينَ بِبَعِيدٍ ﴿٨٣﴾

84. ਅਸੀਂ ਮਦਯਨ ਵਾਲਿਆਂ ਵੱਲੋਂ ਉਹਨਾਂ ਦੇ ਹੀ ਇਕ ਭਰਾ ਸ਼ੁਐਬ ਨੂੰ ਘੱਲਿਆ ਉਸ ਨੇ ਕਿਹਾ ਕਿ ਹੇ ਮੇਰੀ ਕੌਮ! ਤੁਸੀਂ ਅੱਲਾਹ ਦੀ ਇਬਾਦਤ ਕਰੋ, ਉਸ ਤੋਂ ਛੁੱਟ ਤੁਹਾਡਾ ਹੋਰ ਕੋਈ ਇਸ਼ਟ ਨਹੀਂ ਅਤੇ ਨਾਪ ਤੋਲ ਵਿਚ ਘਾਟ ਨਾ ਪਾਇਆ ਕਰੋ। ਅੱਜ ਮੈਂ ਤੁਹਾਨੂੰ ਬਹੁਤ ਖ਼ੁਸ਼ਹਾਲ ਵੇਖ ਰਿਹਾ ਹਾਂ। ਪਰ ਮੈਂ ਉਸ ਦਿਨ ਤੋਂ ਡਰਦਾ ਹਾਂ ਜਦੋਂ ਤੁਹਾਨੂੰ ਅਜ਼ਾਬ ਵਾਲਾ ਦਿਨ ਘੇਰੇ ਵਿਚ ਲੈ ਲਵੇਗਾ।

وَإِلَىٰ مَدْيَنَ أَخَاهُمْ شُعَيْبًا ۚ قَالَ يَا قَوْمِ
اعْبُدُوا اللَّهَ مَا لَكُم مِّنْ إِلَٰهٍ غَيْرُهُ ۖ وَلَا
تَنقُصُوا الْمِكْيَالَ وَالْمِيزَانَ ۚ إِنِّي أَرَاكُم بِخَيْرٍ
وَإِنِّي أَخَافُ عَلَيْكُمْ عَذَابَ يَوْمٍ مُّحِيطٍ ﴿٨٤﴾

85. (ਸ਼ੁਐਬ ਨੇ ਆਖਿਆ) ਹੇ ਮੇਰੇ ਕੌਮ। ਤੁਸੀਂ ਨਾਪ ਤੇ ਤੋਲ ਇਨਸਾਫ਼ ਨਾਲ ਕਰਿਆ ਕਰੋ ਅਤੇ ਲੋਕਾਂ ਨੂੰ ਉਹਨਾਂ ਦੀਆਂ ਚੀਜ਼ਾਂ ਘਟਾ ਕੇ ਨਾ ਦਿਓ ਅਤੇ ਤੁਸੀਂ ਇਸ ਧਰਤੀ 'ਤੇ ਫ਼ਸਾਦੀ ਬਣ ਕੇ ਨਾ ਘੁੰਮੋ।

وَيَا قَوْمِ أَوْفُوا الْمِكْيَالَ وَالْمِيزَانَ بِالْقِسْطِ ۖ
وَلَا تَبْخَسُوا النَّاسَ أَشْيَاءَهُمْ وَلَا تَعْثَوْا
فِي الْأَرْضِ مُفْسِدِينَ ﴿٨٥﴾

86. ਜੇ ਤੁਸੀਂ ਸੱਚੇ ਮੋਮਿਨ ਹੋ ਤਾਂ ਅੱਲਾਹ ਵੱਲੋਂ ਦਿੱਤੀ ਹੋਈ ਜਾਇਜ਼ ਬੱਚਤ (ਨਫ਼ਾ) ਹੀ ਤੁਹਾਡੇ ਲਈ ਵਧੀਆ ਹੈ। ਮੈਂ (ਭਾਵ ਸ਼ੁਐਬ) ਤੁਹਾਡੇ ਉੱਤੇ ਕੋਈ ਪਹਿਰੇਦਾਰ ਨਹੀਂ ਹਾਂ।

بَقِيَّتُ اللَّهِ خَيْرٌ لَّكُمْ إِن كُنتُم مُّؤْمِنِينَ ۚ
وَمَا أَنَا عَلَيْكُم بِحَفِيظٍ ﴿٨٦﴾

87 (ਕੌਮ ਨੇ) ਜਵਾਬ ਦਿੱਤਾ ਕਿ ਹੇ ਸ਼ੁਐਬ। ਕੀ ਤੇਰੀ ਨਮਾਜ਼ (ਧਰਮ) ਤੈਨੂੰ ਇਹੀ ਸਿਖਾਉਂਦੀ ਹੈ ਕਿ ਅਸੀਂ ਆਪਣੇ ਪਿਓ ਦਾਦਿਆਂ ਦੇ ਇਸ਼ਟਾਂ ਨੂੰ ਛੱਡ ਦੇਈਏ ਜਾਂ ਆਪਣੇ ਮਾਲਾਂ ਵਿਚ ਉਹ ਨਾ ਕਰੀਏ ਜੋ ਅਸੀਂ ਕਰਨਾ ਚਾਹੀਏ? ਬਸ ਤੂੰ ਹੀ ਤਾਂ ਇਕ ਨਰਮ ਸੁਭਾਓ ਵਾਲਾ ਤੇ ਸਮਝਦਾਰ ਵਿਅਕਤੀ ਹੈ?

قَالُوا يَا شُعَيْبُ أَصَلَاتُكَ تَأْمُرُكَ أَن نَّتْرُكَ
مَا يَعْبُدُ آبَاؤُنَا أَوْ أَن نَّفْعَلَ فِي أَمْوَالِنَا
مَا نَشَاءُ ۖ إِنَّكَ لَأَنتَ الْحَلِيمُ الرَّشِيدُ ﴿٨٧﴾

88. ਸ਼ੁਐਬ ਨੇ ਕਿਹਾ ਕਿ ਹੇ ਮੇਰੀ ਕੌਮ! ਕਿ ਜੇ ਮੈਂ ਆਪਣੇ ਰੱਬ ਵੱਲੋਂ ਇਕ ਸਪਸ਼ਟ ਦਲੀਲ 'ਤੇ ਹੋਵਾਂ ਅਤੇ ਉਸੇ ਨੇ ਹੀ ਮੈਨੂੰ ਆਪਣੇ ਵੱਲੋਂ ਵਧੀਆ ਰੋਜ਼ੀ ਵੀ ਦਿੱਤੀ ਹੋਵੇ ਫੇਰ ਮੈਂ ਉਸ ਦੀ ਨਾ-ਫ਼ਰਮਾਨੀ ਕਿਵੇਂ ਕਰਾਂ। ਮੈਂ ਇਹ ਵੀ ਨਹੀਂ ਚਾਹੁੰਦਾ ਕਿ ਮੈਂ ਤੁਹਾਡੀ ਵਿਰੋਧਤਾ ਕਰਾਂ ਕਿ ਮੈਂ ਉਹੀ ਕੰਮ ਆਪ ਕਰਾਂ ਜਿਸ ਤੋਂ ਮੈਂ ਤੁਹਾਨੂੰ ਰੋਕਦਾ ਹਾਂ। ਮੈਂ ਛੁੱਟ ਤੁਹਾਡੇ ਸੁਧਾਰ ਤੋਂ ਹੋਰ ਕੁੱਝ ਨਹੀਂ ਚਾਹੁੰਦਾ ਅਤੇ ਇਸ ਦੀ ਯੋਗਤਾ ਦੇਣਾ ਛੁੱਟ ਅੱਲਾਹ ਦੀ ਮਦਦ ਤੋਂ, ਸੰਭਵ ਨਹੀਂ। ਉਸੇ 'ਤੇ ਮੇਰਾ ਭਰੋਸਾ ਹੈ ਅਤੇ ਉਸੇ ਵੱਲ ਮੈਂ ਝੁਕਦਾ ਹਾਂ।

قَالَ يٰقَوْمِ اَرَءَيْتُمْ اِنْ كُنْتُ عَلٰى بَيِّنَةٍ مِّنْ رَّبِّيْ
وَرَزَقَنِيْ مِنْهُ رِزْقًا حَسَنًا ۭ وَمَآ اُرِيْدُ اَنْ اُخَالِفَكُمْ
اِلٰى مَآ اَنْهٰىكُمْ عَنْهُ ۭ اِنْ اُرِيْدُ اِلَّا الْاِصْلَاحَ
مَا اسْتَطَعْتُ ۭ وَمَا تَوْفِيْقِيْٓ اِلَّا بِاللّٰهِ ۭ عَلَيْهِ
تَوَكَّلْتُ وَاِلَيْهِ اُنِيْبُ (88)

89. ਹੇ ਮੇਰੀ ਕੌਮ ਵਾਲਿਓ! ਮੇਰੀ ਵਿਰੋਧਤਾ ਕਿਤੇ ਤੁਹਾਨੂੰ ਉਹਨਾਂ ਅਜ਼ਾਬਾਂ ਦਾ ਹੱਕਦਾਰ ਨਾ ਬਣਾ ਦੇਵੇ ਜਿਹੜੇ ਕੌਮੇ-ਨੂਹ, ਕੌਮੇ-ਹੂਦ ਤੇ ਕੌਮੇ ਸਾਲੇਹ ਨੂੰ ਪਹੁੰਚੇ ਸਨ ਅਤੇ ਕੌਮੇ-ਲੂਤ ਦੀ ਬਸਤੀ ਤਾਂ ਤੁਹਾਥੋਂ ਬਹੁਤੀ ਦੂਰ ਵੀ ਨਹੀਂ।

وَيٰقَوْمِ لَا يَجْرِمَنَّكُمْ شِقَاقِيْٓ اَنْ يُّصِيْبَكُمْ مِّثْلُ
مَآ اَصَابَ قَوْمَ نُوْحٍ اَوْ قَوْمَ هُوْدٍ اَوْ قَوْمَ صٰلِحٍ ۭ
وَمَا قَوْمُ لُوْطٍ مِّنْكُمْ بِبَعِيْدٍ (89)

90. ਤੁਸੀਂ ਆਪਣੇ ਰੱਬ ਤੋਂ ਮੁਆਫ਼ੀ ਮੰਗੋ ਤੇ ਉਸੇ ਵੱਲ ਪਰਤ ਆਓ, ਬੇਸ਼ੱਕ ਮੇਰਾ ਰੱਬ ਅਤਿਅੰਤ ਮਿਹਰਾਂ ਅਤੇ ਮੁਹੱਬਤ ਕਰਨ ਵਾਲਾ ਹੈ।

وَاسْتَغْفِرُوْا رَبَّكُمْ ثُمَّ تُوْبُوْٓا اِلَيْهِ ۭ اِنَّ رَبِّيْ رَحِيْمٌ
وَّدُوْدٌ (90)

91. (ਕੌਮ ਨੇ) ਕਿਹਾ ਕਿ ਹੇ ਸ਼ੁਐਬ! ਤੇਰੀਆਂ ਬਹੁਤੀਆਂ ਗੱਲਾਂ ਤਾਂ ਸਾਡੀ ਸਮਝ ਵਿਚ ਹੀ ਨਹੀਂ ਆਉਂਦੀਆਂ। ਅਸੀਂ ਤਾਂ ਤੈਨੂੰ ਆਪਣੇ ਵਿਚਾਲੇ ਬਹੁਤ ਹੀ ਨਿਰਬਲ ਵਿਅਕਤੀ ਸਮਝਦੇ ਹਾਂ। ਜੇ ਸਾਨੂੰ ਤੇਰੇ ਕਬੀਲੇ ਦਾ ਖ਼ਿਆਲ ਨਾ ਹੁੰਦਾ ਤਾਂ ਅਸੀਂ ਤੈਨੂੰ ਪੱਥਰਾਂ ਨਾਲ ਮਾਰ ਸੁੱਟਦੇ ਤੂੰ ਸਾਡੇ 'ਤੇ ਕਿਸੇ ਪੱਖੋਂ ਵੀ ਭਾਰੂ ਨਹੀਂ।

قَالُوْا يٰشُعَيْبُ مَا نَفْقَهُ كَثِيْرًا مِّمَّا تَقُوْلُ
وَاِنَّا لَنَرٰىكَ فِيْنَا ضَعِيْفًا ۚ وَلَوْلَا رَهْطُكَ
لَرَجَمْنٰكَ ۡ وَمَآ اَنْتَ عَلَيْنَا بِعَزِيْزٍ (91)

92. (ਸ਼ੁਐਬ ਨੇ) ਕਿਹਾ ਕਿ ਹੇ ਮੇਰੇ ਕੌਮ ਦੇ ਵੀਰੋ! ਕੀ ਤੁਹਾਡੇ ਲਈ ਮੇਰੇ ਕਬੀਲੇ ਦੇ ਲੋਕ ਅੱਲਾਹ ਤੋਂ ਵੀ ਵੱਧ ਆਦਰ ਵਾਲੇ ਹਨ? ਤੁਸੀਂ ਉਸ (ਰੱਬ) ਨੂੰ ਉੱਕਾ ਹੀ ਪਿੱਠ ਪਿੱਛੇ ਸੁੱਟ ਦਿੱਤਾ ਹੈ। ਜੋ ਵੀ ਤੁਸੀਂ

قَالَ يٰقَوْمِ اَرَهْطِيْٓ اَعَزُّ عَلَيْكُمْ مِّنَ اللّٰهِ ۭ
وَاتَّخَذْتُمُوْهُ وَرَاۗءَكُمْ ظِهْرِيًّا ۭ اِنَّ رَبِّيْ
بِمَا تَعْمَلُوْنَ مُحِيْطٌ (92)

ਕਰ ਰਹੇ ਹੋ ਉਹਨਾਂ ਸਭ ਨੂੰ ਮੇਰੇ ਰੱਬ ਨੇ ਆਪਣੇ ਗਿਆਨ ਦੇ ਘੇਰੇ ਵਿਚ ਲਿਆ ਹੋਇਆ ਹੈ।

93. ਅਤੇ ਆਖਿਆ ਕਿ ਹੇ ਕੌਮ ਵਾਲਿਓ! ਹੁਣ ਤੁਸੀਂ ਆਪਣੀ ਥਾਂ 'ਤੇ (ਆਪ ਇੱਛਾ ਅਨੁਸਾਰ) ਕੰਮ ਕਰਦੇ ਰਹੋ ਮੈਂ ਵੀ ਆਪਣਾ ਕੰਮ ਕਰ ਰਿਹਾ ਹਾਂ, ਤੁਹਾਨੂੰ ਛੇਤੀ ਹੀ ਪਤਾ ਚੱਲ ਜਾਵੇਗਾ ਕਿ ਹੀਣਤਾ ਭਰਿਆ ਅਜ਼ਾਬ ਕਿਸ 'ਤੇ ਆਉਂਦਾ ਹੈ ਤੇ ਕੌਣ ਝੂਠਾ ਹੈ। ਤੁਸੀਂ ਵੀ (ਅਜ਼ਾਬ ਨੂੰ) ਉਡੀਕੋ ਅਤੇ ਤੁਹਾਡੇ ਨਾਲ ਮੈਂ ਵੀ ਉਡੀਕਦਾ ਹਾਂ।

وَيٰقَوْمِ اعْمَلُوْا عَلٰى مَكَانَتِكُمْ اِنِّيْ عَامِلٌ ۭ سَوْفَ
تَعْلَمُوْنَ ۙ مَنْ يَّاْتِيْهِ عَذَابٌ يُّخْزِيْهِ وَمَنْ
هُوَ كَاذِبٌ ۭ وَارْتَقِبُوْٓا اِنِّىْ مَعَكُمْ رَقِيْبٌ ﴿٩٣﴾

94. ਜਦੋਂ ਸਾਡਾ ਹੁਕਮ (ਅਜ਼ਾਬ ਦਾ) ਆਇਆ ਤਾਂ ਅਸੀਂ ਸ਼ੁਐਬ ਨੂੰ ਅਤੇ ਉਸ ਦੇ ਈਮਾਨ ਵਾਲੇ ਸਾਥੀਆਂ ਨੂੰ ਆਪਣੀ ਵਿਸ਼ੇਸ਼ ਮਿਹਰਾਂ ਸਦਕੇ ਨਜਾਤ ਬਖ਼ਸ਼ੀ ਅਤੇ ਜ਼ਾਲਮਾਂ ਨੂੰ ਇਕ ਕੜਕਦਾਰ ਚੰਗਿਆੜ ਨੇ ਆ ਨੱਪਿਆ, ਜਿਸ ਕਾਰਨ ਉਹ ਆਪਣੇ ਘਰਾਂ ਵਿਚ ਮੂੰਧੇ ਮੂੰਹ ਡਿਗੇ ਪਏ ਰਹੇ ਗਏ।

وَلَمَّا جَاۗءَ اَمْرُنَا نَجَّيْنَا شُعَيْبًا وَّالَّذِيْنَ اٰمَنُوْا مَعَهٗ
بِرَحْمَةٍ مِّنَّا وَاَخَذَتِ الَّذِيْنَ ظَلَمُوا الصَّيْحَةُ
فَاَصْبَحُوْا فِيْ دِيَارِهِمْ جٰثِمِيْنَ ﴿٩٤﴾

95. ਇੰਜ ਲੱਗਦਾ ਸੀ ਕਿ ਜਿਵੇਂ ਉਹਨਾਂ ਘਰਾਂ ਵਿਚ ਕਦੇ ਕੋਈ ਵਸਿਆ ਰਸਿਆ ਹੀ ਨਹੀਂ ਸੀ। ਮਦੱਯਨ ਵਾਲਿਆਂ 'ਤੇ ਵੀ ਫ਼ਿਟਕਾਰ ਪਈ ਜਿਵੇਂ ਸਮੂਦ 'ਤੇ ਫ਼ਿਟਕਾਰ ਪਈ ਸੀ।

كَاَنْ لَّمْ يَغْنَوْا فِيْهَا ۭ اَلَا بُعْدًا لِّمَدْيَنَ
كَمَا بَعِدَتْ ثَمُوْدُ ﴿٩٥﴾

96. ਅਸੀਂ ਮੂਸਾ ਨੂੰ ਆਪਣੀਆਂ ਨਿਸ਼ਾਨੀਆਂ ਤੇ ਰੌਸ਼ਨ ਦਲੀਲਾਂ ਦੇ ਕੇ (ਫ਼ਿਰਔਨ ਦੇ ਦਰਬਾਰ ਵਿਚ) ਭੇਜਿਆ ਸੀ।

وَلَقَدْ اَرْسَلْنَا مُوْسٰى بِاٰيٰتِنَا وَسُلْطٰنٍ مُّبِيْنٍ ﴿٩٦﴾

97. ਫ਼ਿਰਔਨ ਤੇ ਉਸ ਦੇ ਦਰਬਾਰੀਆਂ ਵੱਲ ਰੌਸ਼ਨ ਦਲੀਲਾਂ ਆਈਆਂ ਫੇਰ ਵੀ ਉਹਨਾਂ ਲੋਕਾਂ ਨੇ ਫ਼ਿਰਔਨ ਦੇ ਹੁਕਮਾਂ ਦੀ ਪੈਰਵੀ ਕੀਤੀ ਜਦ ਕਿ ਫ਼ਿਰਔਨ ਦਾ ਕੋਈ ਵੀ ਹੁਕਮ ਸੱਚਾਈ 'ਤੇ ਆਧਾਰਿਤ ਨਹੀਂ ਸੀ।

اِلٰى فِرْعَوْنَ وَمَلَا۟ىِٕهٖ فَاتَّبَعُوْٓا اَمْرَ فِرْعَوْنَ ۚ
وَمَآ اَمْرُ فِرْعَوْنَ بِرَشِيْدٍ ﴿٩٧﴾

98. ਉਹ (ਫ਼ਿਰਔਨ) ਕਿਆਮਤ ਦਿਹਾੜੇ ਆਪਣੀ ਕੌਮ ਦਾ ਆਗੂ ਬਣਕੇ ਅੱਗੇ ਅੱਗੇ ਹੋਵੇਗਾ, ਫੇਰ ਉਹਨਾਂ ਨੂੰ ਨਰਕ ਵਿਚ ਸੁੱਟ ਦਿੱਤਾ ਜਾਵੇਗਾ। ਉਹ ਤਾਂ ਬਹੁਤ ਹੀ ਭੈੜੀ ਥਾਂ ਹੈ ਜਿੱਥੇ ਉਹਨਾਂ ਨੂੰ ਪਹੁੰਚਾਇਆ ਜਾਵੇਗਾ।

يَقْدُمُ قَوْمَهُ يَوْمَ الْقِيَامَةِ فَأَوْرَدَهُمُ النَّارَ ۖ وَبِئْسَ الْوِرْدُ الْمَوْرُودُ ﴿٩٨﴾

99. ਉਹਨਾਂ ਲੋਕਾਂ 'ਤੇ ਤਾਂ ਇਸ ਸੰਸਾਰ ਵਿਚ ਵੀ ਫ਼ਿਟਕਾਰ ਪੈ ਗਈ ਸੀ ਅਤੇ ਕਿਆਮਤ ਦਿਹਾੜੇ ਵੀ ਪਵੇਗੀ। ਕਿੰਨਾ ਭੈੜਾ ਹੈ ਉਹ ਇਨਾਮ ਜਿਹੜਾ ਉਹਨਾਂ ਨੂੰ ਦਿੱਤਾ ਜਾਵੇਗਾ।

وَأُتْبِعُوا فِي هَٰذِهِ لَعْنَةً وَيَوْمَ الْقِيَامَةِ ۚ بِئْسَ الرِّفْدُ الْمَرْفُودُ ﴿٩٩﴾

100. ਹੇ ਨਬੀ! ਇਹ ਕੁੱਝ ਬਰਬਾਦ ਹੋਈਆਂ ਬਸਤੀਆਂ ਦੀਆਂ ਖ਼ਬਰਾਂ ਹਨ ਜੋ ਅਸੀਂ ਤੁਹਾਨੂੰ ਸੁਣਾ ਰਹੇ ਹਾਂ ਇਹਨਾਂ ਵਿਚ ਕੁੱਝ ਤਾਂ ਮੌਜੂਦ ਹਨ ਅਤੇ ਕੁੱਝ ਮਲੀਆਮੇਟ ਹੋ ਚੁੱਕੀਆਂ ਹਨ।

ذَٰلِكَ مِنْ أَنْبَاءِ الْقُرَىٰ نَقُصُّهُ عَلَيْكَ ۖ مِنْهَا قَائِمٌ وَحَصِيدٌ ﴿١٠٠﴾

101. ਅਸੀਂ ਉਹਨਾਂ (ਬਸਤੀਆਂ) 'ਤੇ ਕੋਈ ਜ਼ੁਲਮ ਨਹੀਂ ਸੀ ਕੀਤਾ ਸਗੋਂ ਉਹਨਾਂ ਨੇ ਆਪਣੇ ਆਪ 'ਤੇ ਹੀ ਜ਼ੁਲਮ ਕੀਤਾ ਸੀ ਅਤੇ ਉਹਨਾਂ ਦੇ (ਝੂਠੇ) ਇਸ਼ਟਾਂ ਨੇ ਉਹਨਾਂ ਨੂੰ ਕੋਈ ਲਾਭ ਨਹੀਂ ਪਹੁੰਚਾਇਆ ਜਿਨ੍ਹਾਂ ਨੂੰ ਉਹ ਅੱਲਾਹ ਨੂੰ ਛੱਡ ਕੇ (ਮਦਦ ਲਈ) ਪੁਕਾਰ ਦੇ ਸਨ। ਜਦੋਂ ਤੁਹਾਡੇ ਰੱਬ ਦਾ ਹੁਕਮ (ਅਜ਼ਾਬ ਦਾ) ਆਇਆ ਤਾਂ ਉਹਨਾਂ ਦੀ ਬਰਬਾਦੀ ਵਿਚ ਵਾਧਾ ਹੀ ਹੋਇਆ।

وَمَا ظَلَمْنَاهُمْ وَلَٰكِنْ ظَلَمُوا أَنْفُسَهُمْ ۖ فَمَا أَغْنَتْ عَنْهُمْ آلِهَتُهُمُ الَّتِي يَدْعُونَ مِنْ دُونِ اللَّهِ مِنْ شَيْءٍ لَمَّا جَاءَ أَمْرُ رَبِّكَ ۖ وَمَا زَادُوهُمْ غَيْرَ تَتْبِيبٍ ﴿١٠١﴾

102. (ਹੇ ਨਬੀ!) ਤੇਰੇ ਰੱਬ ਦੀ ਪਕੜ ਅਜਿਹੀ ਹੈ ਕਿ ਜਦੋਂ ਉਹ ਕਿਸੇ ਬਸਤੀ ਦੇ ਜ਼ਾਲਮਾਂ ਨੂੰ ਫੜਦਾ ਹੈ ਤਾਂ ਉਸ ਦੀ ਪਕੜ ਬਹੁਤ ਹੀ ਦੁਖਦਾਈ ਤੇ ਕਰੜੀ ਹੁੰਦੀ ਹੈ।[1]

وَكَذَٰلِكَ أَخْذُ رَبِّكَ إِذَا أَخَذَ الْقُرَىٰ وَهِيَ ظَالِمَةٌ ۚ إِنَّ أَخْذَهُ أَلِيمٌ شَدِيدٌ ﴿١٠٢﴾

---

[1] ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਅੱਲਾਹ ਤਆਲਾ ਜ਼ਾਲਿਮ (ਮੁਸ਼ਰਿਕ ਅਪਰਾਧੀ ਆਦਿ) ਨੂੰ ਢਿੱਲ ਦਿੰਦਾ ਰਹਿੰਦਾ ਹੈ। ਪਰ ਜਦੋਂ ਉਸ ਨੂੰ ਫੜਦਾ ਹੈ ਤਾਂ ਉਸ ਨੂੰ ਛੱਡਦਾ ਨਹੀਂ। ਅਬੂ ਮੂਸਾ ਆਖਦੇ ਹਨ ਕਿ ਇਸ ਤੋਂ ਬਾਅਦ ਨਬੀ (ਸ:) ਨੇ ਇਹ ਆਇਤ ਤਿਲਾਵਤ ਕੀਤੀ (ਸਹੀ ਬੁਖ਼ਾਰੀ, ਹਦੀਸ: 4686)

103. ਬੇਸ਼ੱਕ ਇਸ ਵਿਚ ਉਹਨਾਂ ਲੋਕਾਂ ਲਈ (ਸਿੱਖਿਆਦਾਇਕ) ਨਿਸ਼ਾਨੀ ਹੈ ਜਿਹੜੇ ਕਿਆਮਤ ਦੇ ਅਜ਼ਾਬ ਤੋਂ ਡਰਦੇ ਹਨ। ਉਹ ਦਿਹਾੜਾ ਕਿਆਮਤ ਦਾ ਹੋਵੇਗਾ ਜਦੋਂ ਸਾਰੇ ਲੋਕ ਇਕੱਠ ਕੀਤੇ ਜਾਣਗੇ ਅਤੇ ਜਦੋਂ ਸਾਰੇ ਲੋਕ ਰੱਬ ਦੇ ਹਜ਼ੂਰ ਪੇਸ਼ ਕੀਤੇ ਜਾਣਗੇ। (ਉਹ ਕਿਆਮਤ ਦਾ ਦਿਹਾੜਾ ਹੋਵੇਗਾ)

إِنَّ فِي ذَٰلِكَ لَآيَةً لِّمَنْ خَافَ عَذَابَ الْآخِرَةِ ۚ ذَٰلِكَ يَوْمٌ مَّجْمُوعٌ لَّهُ النَّاسُ وَذَٰلِكَ يَوْمٌ مَّشْهُودٌ ﴿103﴾

104. ਅਸੀਂ ਜਿਹੜੀ ਦੇਰੀ ਕਰ ਰਹੇ ਹਾਂ ਉਹ ਇਕ ਮਿਥੇ ਸਮੇਂ ਲਈ ਹੈ (ਭਾਵ ਕਿਆਮਤ ਦਾ ਸਮਾਂ ਮਿੱਥਿਆ ਹੋਇਆ ਹੈ)

وَمَا نُؤَخِّرُهُ إِلَّا لِأَجَلٍ مَّعْدُودٍ ﴿104﴾

105 ਜਦੋਂ ਉਹ ਦਿਨ ਆਵੇਗਾ ਤਾਂ ਕੋਈ ਵੀ ਵਿਅਕਤੀ ਅੱਲਾਹ ਦੀ ਆਗਿਆ ਤੋਂ ਬਿਨਾਂ ਕੋਈ ਗੱਲ ਨਹੀਂ ਕਰ ਸਕੇਗਾ ਫੇਰ ਇਹਨਾਂ ਵਿੱਚੋਂ ਹੀ ਕੋਈ ਬੇ ਭਾਗ ਹੋਵੇਗਾ ਅਤੇ ਕੋਈ ਭਾਗਾਂ ਵਾਲਾ ਹੋਵੇਗਾ।

يَوْمَ يَأْتِ لَا تَكَلَّمُ نَفْسٌ إِلَّا بِإِذْنِهِ ۚ فَمِنْهُمْ شَقِيٌّ وَسَعِيدٌ ﴿105﴾

106. ਜਿਹੜੇ ਬੇਭਾਗ ਹੋਣਗੇ ਉਹ (ਨਰਕ ਦੀ) ਅੱਗ ਵਿਚ ਜਾਣਗੇ ਜਿੱਥੇ ਉਹ ਸਦਾ ਰੋਣ ਪਿੱਟਣ ਦੀ ਹਾਲਤ ਵਿਚ ਹੀ ਰਹਿਣਗੇ।

فَأَمَّا الَّذِينَ شَقُوا فَفِي النَّارِ لَهُمْ فِيهَا زَفِيرٌ وَشَهِيقٌ ﴿106﴾

107. ਉਹ ਉਸ ਨਰਕ ਵਿਚ ਉਦੋਂ ਤੀਕ ਰਹਿਣਗੇ ਜਦੋਂ ਤੀਕ ਅਕਾਸ਼ ਤੇ ਧਰਤੀ ਰਹਿਣਗੇ ਸਿਵਾਏ ਇਸ ਤੋਂ ਕਿ ਤੇਰਾ ਰੱਬ ਕੁੱਝ ਹੋਰ ਚਾਹਵੇ। (ਭਾਵ ਨਰਕ ਤੋਂ ਛੁਟਕਾਰਾ ਦੇਣਾ ਚਾਹਵੇ) ਤੇਰਾ ਰੱਬ ਜੋ ਵੀ ਚਾਹੁੰਦਾ ਹੈ ਕਰਦਾ ਹੈ।

خَالِدِينَ فِيهَا مَا دَامَتِ السَّمَاوَاتُ وَالْأَرْضُ إِلَّا مَا شَاءَ رَبُّكَ ۚ إِنَّ رَبَّكَ فَعَّالٌ لِّمَا يُرِيدُ ﴿107﴾

108. ਪਰ ਜਿਹੜੇ ਭਾਗਾਂ ਵਾਲੇ ਹੋਣਗੇ ਉਹ ਸਵਰਗ ਵਿਚ ਹੋਣਗੇ ਜਿੱਥੇ ਉਹ ਸਦਾ ਲਈ ਰਹਿਣਗੇ ਜਦੋਂ ਤਕ ਅਕਾਸ਼ ਤੇ ਧਰਤੀ ਬਾਕੀ ਰਹਿਣਗੇ ਪਰ ਹੁੰਦਾ ਉਹ ਹੈ ਜੋ ਤੇਰੇ ਰੱਬ ਚਾਹੁੰਦਾ ਹੈ, ਉਸ ਦੀਆਂ ਬਖ਼ਸ਼ਿਸ਼ਾਂ ਦਾ ਕੋਈ ਅੰਤ ਨਹੀਂ।

وَأَمَّا الَّذِينَ سُعِدُوا فَفِي الْجَنَّةِ خَالِدِينَ فِيهَا مَا دَامَتِ السَّمَاوَاتُ وَالْأَرْضُ إِلَّا مَا شَاءَ رَبُّكَ ۖ عَطَاءً غَيْرَ مَجْذُوذٍ ﴿108﴾

فَلَا تَكُ فِي مِرْيَةٍ مِّمَّا يَعْبُدُ هَٰؤُلَاءِ ۚ مَا يَعْبُدُونَ إِلَّا كَمَا يَعْبُدُ آبَاؤُهُم مِّن قَبْلُ ۚ وَإِنَّا لَمُوَفُّوهُمْ نَصِيبَهُمْ غَيْرَ مَنقُوصٍ ﴿109﴾

109. ਸੋ (ਹੇ ਨਬੀ!) ਤੁਸੀਂ ਉਹਨਾਂ ਇਸ਼ਟਾਂ ਸੰਬੰਧੀ ਕਿਸੇ ਸੰਦੇਹ ਵਿਚ ਨਾ ਰਹੋ ਜਿਨ੍ਹਾਂ ਦੀ ਇਹ ਲੋਕ ਬੰਦਗੀ ਕਰ ਰਹੇ ਹਨ। ਇਹਨਾਂ ਲੋਕਾਂ ਦੀ ਪੂਜਾ ਪਾਠ ਤਾਂ ਉਸੇ ਤਰ੍ਹਾਂ ਦੀ ਹੈ ਜਿਸ ਤਰ੍ਹਾਂ ਪਹਿਲਾਂ ਉਹਨਾਂ ਦੇ ਪਿਓ ਦਾਦਾ ਪੂਜਾ ਕਰਦੇ ਸਨ। ਬੇਸ਼ੱਕ ਅਸੀਂ (ਅੱਲਾਹ) ਉਹਨਾਂ ਨੂੰ ਉਹਨਾਂ ਦੀ ਸਜ਼ਾ ਦਾ ਹਿੱਸਾ ਪੂਰਾ ਦਿਆਂਗੇ, ਇਸ ਵਿੱਚੋਂ ਕਟੌਤੀ ਨਹੀਂ ਕੀਤੀ ਜਾਵੇਗੀ।

وَلَقَدْ آتَيْنَا مُوسَى الْكِتَابَ فَاخْتُلِفَ فِيهِ ۚ وَلَوْلَا كَلِمَةٌ سَبَقَتْ مِن رَّبِّكَ لَقُضِيَ بَيْنَهُمْ ۚ وَإِنَّهُمْ لَفِي شَكٍّ مِّنْهُ مُرِيبٍ ﴿110﴾

110. ਬੇਸ਼ੱਕ ਅਸੀਂ ਮੂਸਾ ਨੂੰ ਕਿਤਾਬ (ਤੌਰੈਤ) ਬਖ਼ਸ਼ੀ ਪਰੰਤੂ ਉਸ ਵਿਚ ਮਤਭੇਦ ਕੀਤੇ ਗਏ। ਜੇਕਰ ਤੇਰੇ ਰੱਬ ਵੱਲੋਂ ਪਹਿਲਾਂ ਤੋਂ ਹੀ ਇਹ ਗੱਲ ਨਿਸ਼ਚਿਤ ਨਾ ਕਰ ਦਿੱਤੀ ਗਈ ਹੁੰਦੀ ਤਾਂ ਉਹਨਾਂ ਵਿਚਾਲੇ ਫ਼ੈਸਲਾ ਹੋ ਗਿਆ ਹੁੰਦਾ। ਇਹ ਸੱਚ ਹੈ ਕਿ ਉਹ ਲੋਕ ਉਸ ਸੰਬੰਧੀ ਸ਼ੱਕ ਵਿਚ ਹਨ ਤੇ ਇਸੇ ਕਾਰਨ ਉਹ ਦੁਬਿਧਾ ਵਿਚ ਫਸੇ ਹੋਏ ਹਨ।

وَإِنَّ كُلًّا لَّمَّا لَيُوَفِّيَنَّهُمْ رَبُّكَ أَعْمَالَهُمْ ۚ إِنَّهُ بِمَا يَعْمَلُونَ خَبِيرٌ ﴿111﴾

111. ਬੇਸ਼ੱਕ ਤੇਰਾ ਰੱਬ ਜ਼ਰੂਰ ਹੀ ਉਹਨਾਂ ਦੇ ਅਮਲਾਂ ਦਾ ਪੂਰਾ ਪੂਰਾ ਬਦਲਾ ਦੇਵੇਗਾ। ਬੇਸ਼ੱਕ ਉਹ (ਕਾਫ਼ਿਰ) ਜੋ ਵੀ ਕਰ ਰਹੇ ਹਨ ਉਹ (ਅੱਲਾਹ) ਉਹਨਾਂ ਤੋਂ ਜਾਣੂ ਹੈ।

فَاسْتَقِمْ كَمَا أُمِرْتَ وَمَن تَابَ مَعَكَ وَلَا تَطْغَوْا ۚ إِنَّهُ بِمَا تَعْمَلُونَ بَصِيرٌ ﴿112﴾

112. ਸੋ (ਹੇ ਨਬੀ!) ਜਿਵੇਂ ਤੁਹਾਨੂੰ ਹੁਕਮ ਦਿੱਤਾ ਗਿਆ ਹੈ ਤੁਸੀਂ ਉਸ 'ਤੇ ਕਾਇਮ ਰਹੋ ਅਤੇ ਉਹ ਲੋਕ ਵੀ ਜਿਹੜੇ ਤੁਹਾਡੇ ਵੱਲ ਪਰਤ ਆਏ ਹਨ। ਖ਼ਬਰਦਾਰ! ਹੱਦੋਂ ਅੱਗੇ ਨਾ ਵਧਣਾ (ਭਾਵ ਵਧੀਕੀ ਨਹੀਂ ਕਰਨਾ) ਅੱਲਾਹ ਤੁਹਾਡੀਆਂ ਸਾਰੀਆਂ ਹਰਕਤਾਂ ਨੂੰ ਵੇਖ ਰਿਹਾ ਹੈ।

113. (ਹੇ ਨਬੀ!) ਤੁਸੀਂ ਉਹਨਾਂ ਲੋਕਾਂ ਵੱਲ ਨਾ ਝੁਕੋ ਜਿਨ੍ਹਾਂ ਨੇ ਜ਼ੁਲਮ ਕੀਤਾ,[1] ਨਹੀਂ ਤਾਂ ਤੁਹਾਨੂੰ ਵੀ (ਨਰਕ ਦੀ) ਅੱਗ ਚਿੰਬੜ ਜਾਵੇਗੀ ਅਤੇ ਫੇਰ ਅੱਲਾਹ ਤੋਂ ਛੁੱਟ ਤੁਹਾਡਾ ਹੋਰ ਕੋਈ ਸਹਾਈ ਨਾ ਹੋਵੇਗਾ ਅਤੇ ਨਾ ਹੀ ਤੁਹਾਡੀ ਮਦਦ ਕੀਤੀ ਜਾਵੇਗੀ।

وَلَا تَرْكَنُوٓا۟ إِلَى ٱلَّذِينَ ظَلَمُوا۟ فَتَمَسَّكُمُ ٱلنَّارُ وَمَا لَكُم مِّن دُونِ ٱللَّهِ مِنْ أَوْلِيَآءَ ثُمَّ لَا تُنصَرُونَ ﴿١١٣﴾

114. (ਹੇ ਮੁਹੰਮਦ ਸ.!) ਤੁਸੀਂ ਦਿਨ ਦੇ ਦੋਵੇਂ ਸਿਰਿਆਂ 'ਤੇ ਨਮਾਜ਼ ਕਾਇਮ ਰੱਖੋ ਅਤੇ ਰਾਤ ਦੀਆਂ ਘੜੀਆਂ ਵਿਚ ਵੀ (ਨਮਾਜ਼ ਪੜ੍ਹੋ) ਬੇਸ਼ੱਕ ਨੇਕੀਆਂ ਬੁਰਾਈਆਂ ਨੂੰ ਦੂਰ ਕਰ ਦਿੰਦੀਆਂ ਹਨ। ਇਹ ਨਸੀਹਤ ਅੱਲਾਹ ਦਾ ਜ਼ਿਕਰ (ਸਿਮਰਨ) ਕਰਨ ਵਾਲਿਆਂ ਲਈ ਹੈ।

وَأَقِمِ ٱلصَّلَوٰةَ طَرَفَىِ ٱلنَّهَارِ وَزُلَفًا مِّنَ ٱلَّيْلِ ۚ إِنَّ ٱلْحَسَنَـٰتِ يُذْهِبْنَ ٱلسَّيِّـَٔاتِ ۚ ذَٰلِكَ ذِكْرَىٰ لِلذَّٰكِرِينَ ﴿١١٤﴾

115. (ਹੇ ਨਬੀ!) ਤੁਸੀਂ ਸਬਰ ਤੋਂ ਕੰਮ ਲਵੋ, ਬੇਸ਼ੱਕ ਅੱਲਾਹ ਨੇਕੀਆਂ ਕਰਨ ਵਾਲਿਆਂ ਦਾ ਅਜਰ ਅਜਾਈਂ ਨਹੀਂ ਕਰਦਾ।

وَٱصْبِرْ فَإِنَّ ٱللَّهَ لَا يُضِيعُ أَجْرَ ٱلْمُحْسِنِينَ ﴿١١٥﴾

116. ਤੁਹਾਥੋਂ ਪਹਿਲਾਂ ਬੀਤ ਚੁੱਕੀਆਂ ਉੱਮਤਾਂ ਵਿਚ ਅਜਿਹੇ ਭਲੇ ਲੋਕ ਕਿਉਂ ਨਹੀਂ ਹੋਏ ਜਿਹੜੇ ਲੋਕਾਂ ਨੂੰ ਧਰਤੀ 'ਤੇ ਫ਼ਸਾਦ ਫੈਲਾਉਣ ਤੋਂ ਰੋਕਦੇ। ਉਹਨਾਂ ਵਿੱਚੋਂ ਬਹੁਤ ਹੀ ਘੱਟ ਲੋਕ ਅਜਿਹੇ ਸਨ ਜਿਨ੍ਹਾਂ ਨੂੰ ਅਸੀਂ (ਅਜ਼ਾਬ ਤੋਂ) ਬਚਾਇਆ ਅਤੇ ਜਿਨ੍ਹਾਂ ਲੋਕਾਂ ਨੇ ਜ਼ੁਲਮ ਕੀਤਾ ਉਹ ਐਸ਼ ਆਰਾਮ ਵਾਲੀਆਂ ਚੀਜ਼ਾਂ ਦੇ ਪਿੱਛੇ ਲੱਗੇ ਰਹੇ, ਉਹ ਸਾਰੇ ਅਪਰਾਧੀ ਹਨ।

فَلَوْلَا كَانَ مِنَ ٱلْقُرُونِ مِن قَبْلِكُمْ أُو۟لُوا۟ بَقِيَّةٍ يَنْهَوْنَ عَنِ ٱلْفَسَادِ فِى ٱلْأَرْضِ إِلَّا قَلِيلًا مِّمَّنْ أَنجَيْنَا مِنْهُمْ ۗ وَٱتَّبَعَ ٱلَّذِينَ ظَلَمُوا۟ مَآ أُتْرِفُوا۟ فِيهِ وَكَانُوا۟ مُجْرِمِينَ ﴿١١٦﴾

117. (ਹੇ ਨਬੀ!) ਤੁਹਾਡਾ ਰੱਬ ਅਜਿਹਾ ਨਹੀਂ ਕਿ ਉਹ ਬਸਤੀਆਂ ਨੂੰ (ਅਣ ਹੱਕਾ) ਜ਼ੁਲਮ ਤੇ ਅਜ਼ਾਬ ਨਾਲ ਬਰਬਾਦ ਕਰੇ, ਜਦ ਕਿ ਉੱਥੇ ਦੇ ਵਸਨੀਕ (ਸਮਾਜ ਦਾ) ਸੁਧਾਰ ਕਰਨ ਵਾਲੇ ਹੋਣ।

وَمَا كَانَ رَبُّكَ لِيُهْلِكَ ٱلْقُرَىٰ بِظُلْمٍ وَأَهْلُهَا مُصْلِحُونَ ﴿١١٧﴾

[1] ਭਾਵ ਉਹਨਾਂ ਲੋਕਾਂ ਨਾਲ ਦੋਸਤੀ ਨਾ ਰੱਖੋ ਜਿਹੜੇ ਲੋਕ ਦੀਨ ਵਿਚ ਬਿਦਅਤਾਂ ਦਾ ਆਰੰਭ ਕਰਦੇ ਹਨ ਅਤੇ ਸ਼ਿਰਕ ਕਰਕੇ ਆਪਣੇ ਉੱਤੇ ਜ਼ੁਲਮ ਕਰਦੇ ਹਨ।

118. ਜੇ ਤੁਹਾਡਾ ਰੱਬ ਚਾਹੁੰਦਾ ਤਾਂ ਸਾਰੇ ਹੀ ਲੋਕਾਂ ਨੂੰ ਇਕ ਹੀ ਉੱਮਤ (ਸਮੁਦਾਏ) ਬਣਾ ਦਿੰਦਾ। ਪਰ ਉਹ (ਕਾਫ਼ਿਰ) ਸਦਾ ਮਤਭੇਦ ਕਰਦੇ ਹੀ ਰਹਿਣਗੇ।

وَلَوْ شَآءَ رَبُّكَ لَجَعَلَ النَّاسَ أُمَّةً وَّاحِدَةً وَّلَا يَزَالُونَ مُخْتَلِفِينَ ﴿١١٨﴾

119. ਸਿਵਾਏ ਉਹਨਾਂ ਤੋਂ ਜਿਨ੍ਹਾਂ 'ਤੇ ਤੇਰੇ ਰਬ ਦੀ ਮਿਹਰ ਹੈ ਇਹਨਾਂ ਨੂੰ ਤਾਂ ਪੈਦਾ ਹੀ ਇਸ ਲਈ ਕੀਤਾ ਗਿਆ ਹੈ (ਕਿ ਇਹਨਾਂ ਦੀ ਅਜ਼ਮਾਇਸ਼ ਹੋਵੇ) ਅਤੇ ਤੁਹਾਡੇ ਰੱਬ ਦੀ ਇਹ ਗੱਲ ਵੀ ਪੂਰੀ ਹੋਵੇਗੀ ਕਿ ਮੈਂ ਨਰਕ ਨੂੰ ਜਿੰਨਾਂ ਤੇ ਮਨੁੱਖਾਂ ਨਾਲ ਭਰਾਂਗਾਂ।

إِلَّا مَن رَّحِمَ رَبُّكَ ۚ وَلِذَٰلِكَ خَلَقَهُمْ ۗ وَتَمَّتْ كَلِمَةُ رَبِّكَ لَأَمْلَأَنَّ جَهَنَّمَ مِنَ الْجِنَّةِ وَالنَّاسِ أَجْمَعِينَ ﴿١١٩﴾

120. (ਹੇ ਨਬੀ!) ਅਸੀਂ ਰਸੂਲਾਂ ਦੇ ਕਿੱਸਿਆਂ ਵਿੱਚੋਂ ਤੁਹਾਨੂੰ ਉਹ ਕਿੱਸਾ ਸੁਣਾਉਂਦੇ ਹਾਂ ਜਿਸ ਰਾਹੀਂ ਅਸੀਂ ਤੁਹਾਡੇ ਦਿਲ ਨੂੰ ਹੌਸਲੇ ਵਿਚ ਰੱਖੀਏ। ਇਸ (ਕਿੱਸੇ) ਰਾਹੀਂ ਤੁਹਾਡੇ ਕੋਲ ਹੱਕ ਆ ਗਿਆ ਹੈ ਅਤੇ ਮੋਮਿਨਾਂ ਲਈ ਨਸੀਹਤ ਤੇ ਯਾਦ ਰੱਖਣ ਵਾਲੀਆਂ ਗੱਲਾਂ ਹਨ।

وَكُلًّا نَّقُصُّ عَلَيْكَ مِنْ أَنۢبَآءِ الرُّسُلِ مَا نُثَبِّتُ بِهِۦ فُؤَادَكَ ۚ وَجَآءَكَ فِي هَٰذِهِ الْحَقُّ وَمَوْعِظَةٌ وَذِكْرَىٰ لِلْمُؤْمِنِينَ ﴿١٢٠﴾

121. (ਹੇ ਨਬੀ!) ਈਮਾਨ ਨਾ ਲਿਆਉਣ ਵਾਲਿਆਂ ਨੂੰ ਆਖ ਦਿਓ ਕਿ ਤੁਸੀਂ ਆਪਣੀ ਥਾਂ ਕਰਮ ਕਰੋ ਬੇਸ਼ੱਕ ਅਸੀਂ ਵੀ ਕਰਮ ਕਰ ਰਹੇ ਹਾਂ।

وَقُل لِّلَّذِينَ لَا يُؤْمِنُونَ اعْمَلُوا عَلَىٰ مَكَانَتِكُمْ إِنَّا عَٰمِلُونَ ﴿١٢١﴾

122. ਤੁਸੀਂ ਵੀ (ਰੱਬੀ ਫ਼ੈਸਲਿਆਂ ਦੀ) ਉਡੀਕ ਕਰੋ ਬੇਸ਼ੱਕ ਅਸੀਂ ਵੀ ਉਡੀਕ ਕਰਦੇ ਹਾਂ।

وَانتَظِرُوٓا إِنَّا مُنتَظِرُونَ ﴿١٢٢﴾

123. ਅਕਾਸ਼ ਤੇ ਧਰਤੀ ਦਾ ਗ਼ੈਬ (ਗੁਪਤ ਗਿਆਨ) ਅੱਲਾਹ ਲਈ ਹੀ (ਵਿਸ਼ੇਸ਼) ਹੈ। ਸਾਰੇ ਮਾਮਲੇ (ਕੰਮ) ਵੀ ਉਸੇ ਵੱਲ ਪਰਤਾਏ ਜਾਂਦੇ ਹਨ। ਸੋ ਤੁਸੀਂ ਉਸੇ ਦੀ ਇਬਾਦਤ ਕਰੋ ਅਤੇ ਉਸੇ 'ਤੇ ਭਰੋਸਾ ਕਰੋ, ਤੁਸੀਂ ਜੋ ਵੀ ਕਰਦੇ ਹੋ ਉਸ ਤੋਂ ਅੱਲਾਹ ਬੇਖ਼ਬਰ ਨਹੀਂ।

وَلِلَّهِ غَيْبُ السَّمَٰوَٰتِ وَالْأَرْضِ وَإِلَيْهِ يُرْجَعُ الْأَمْرُ كُلُّهُۥ فَاعْبُدْهُ وَتَوَكَّلْ عَلَيْهِ ۚ وَمَا رَبُّكَ بِغَٰفِلٍ عَمَّا تَعْمَلُونَ ﴿١٢٣﴾

12. ਸੂਰਤ ਯੂਸੁਫ਼ (ਮੱਕੀ-53)

سُوْرَةُ يُوْسُفَ

(ਆਇਤਾਂ 111, ਰੁਕੂਅ 12)

بِسْمِ اللّٰهِ الرَّحْمٰنِ الرَّحِيْمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

الٓرٰ تِلْكَ اٰيٰتُ الْكِتٰبِ الْمُبِيْنِ ١

1. ਅਲਿਫ਼, ਲਾਮ, ਰਾ। ਇਹ (ਸਪਸ਼ਟ ਆਇਤਾਂ) ਵਾਲੀ ਕਿਤਾਬ ਹੈ।

اِنَّآ اَنْزَلْنٰهُ قُرْءٰنًا عَرَبِيًّا لَّعَلَّكُمْ تَعْقِلُوْنَ ٢

2. ਬੇਸ਼ੱਕ ਅਸੀਂ ਇਸ (ਕੁਰਆਨ) ਨੂੰ ਅਰਬੀ (ਭਾਸ਼ਾ) ਵਿਚ ਉਤਾਰਿਆ ਹੈ ਤਾਂ ਜੋ ਤੁਸੀਂ ਸਮਝ ਸਕੋ।

نَحْنُ نَقُصُّ عَلَيْكَ اَحْسَنَ الْقَصَصِ بِمَآ اَوْحَيْنَآ اِلَيْكَ هٰذَا الْقُرْاٰنَ ۖ وَاِنْ كُنْتَ مِنْ قَبْلِهٖ لَمِنَ الْغٰفِلِيْنَ ٣

3. ਹੇ ਨਬੀ! ਅਸੀਂ ਤੁਹਾਨੂੰ ਬਹੁਤ ਹੀ ਵਧੀਆ ਕਿੱਸਾ ਸੁਣਾਉਂਦੇ ਹਾਂ, ਜਿਹੜਾ ਅਸੀਂ ਵਹੀ ਦੁਆਰਾ ਨਾਜ਼ਿਲ ਕੀਤਾ ਹੈ, ਇਸ ਤੋਂ ਪਹਿਲਾਂ ਤੁਸੀਂ ਅਣਜਾਣ ਲੋਕਾਂ ਵਿੱਚੋਂ ਸੀ।

اِذْ قَالَ يُوْسُفُ لِاَبِيْهِ يٰٓاَبَتِ اِنِّيْ رَاَيْتُ اَحَدَ عَشَرَ كَوْكَبًا وَّالشَّمْسَ وَالْقَمَرَ رَاَيْتُهُمْ لِيْ سٰجِدِيْنَ ٤

4. ਇਹ ਉਸ ਸਮੇਂ ਦੀ ਗੱਲ ਹੈ ਜਦੋਂ ਯੂਸੁਫ਼ ਨੇ ਆਪਣੇ ਪਿਤਾ ਨੂੰ ਦੱਸਿਆ ਸੀ ਕਿ ਹੇ ਪਿਤਾ ਜੀ! ਮੈਂਨੇ (ਸੁਪਨੇ ਵਿਚ) ਵੇਖਿਆ ਹੈ ਕਿ ਗਿਆਰਾਂ ਤਾਰੇ, ਸੂਰਜ ਤੇ ਚੰਨ ਮੈਨੂੰ ਸਿਜਦਾ ਕਰ ਰਹੇ ਹਨ।

قَالَ يٰبُنَيَّ لَا تَقْصُصْ رُءْيَاكَ عَلٰٓى اِخْوَتِكَ فَيَكِيْدُوْا لَكَ كَيْدًا ۗ اِنَّ الشَّيْطٰنَ لِلْاِنْسَانِ عَدُوٌّ مُّبِيْنٌ ٥

5. ਉਸ (ਪਿਤਾ, ਯਾਕੂਬ) ਨੇ ਆਖਿਆ ਕਿ ਹੇ ਮੇਰੇ ਪਿਆਰੇ ਪੁੱਤਰ! ਆਪਣੇ ਇਸ ਸੁਪਨੇ ਨੂੰ ਆਪਣੇ ਭਰਾਵਾਂ (ਜਿਹੜੇ ਕਿ ਗਿਆਰਾਂ ਸਨ) ਨੂੰ ਨਾ ਸੁਣਾਈਂ, ਨਹੀਂ ਤਾਂ ਉਹ ਤੇਰੇ ਨਾਲ (ਈਰਖਾ ਵਿਚ ਆਕੇ ਮੱਕਾਰੀ ਭਰੀਆਂ) ਚਾਲਾਂ ਚੱਲਣਗੇ। ਬੇਸ਼ੱਕ ਸ਼ੈਤਾਨ ਤਾਂ ਮਨੁੱਖ ਦਾ ਖੁੱਲ੍ਹਾ ਦੁਸ਼ਮਨ ਹੈ।

12. ਸੂਰਤ ਯੂਸੁਫ਼ (ਮੱਕੀ-53)

سُوْرَةُ يُوْسُفَ

(ਆਇਤਾਂ 111, ਰੁਕੂਅ 12)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਅਲਿਫ਼, ਲਾਮ, ਰਾ। ਇਹ (ਸਪਸ਼ਟ ਆਇਤਾਂ) ਵਾਲੀ ਕਿਤਾਬ ਹੈ।

الٓرٰ تِلْكَ اٰيٰتُ الْكِتٰبِ الْمُبِيْنِ ۱

2. ਬੇਸ਼ੱਕ ਅਸੀਂ ਇਸ (ਕੁਰਆਨ) ਨੂੰ ਅਰਬੀ (ਭਾਸ਼ਾ) ਵਿਚ ਉਤਾਰਿਆ ਹੈ ਤਾਂ ਜੋ ਤੁਸੀਂ ਸਮਝ ਸਕੋ।

اِنَّآ اَنْزَلْنٰهُ قُرْءٰنًا عَرَبِيًّا لَّعَلَّكُمْ تَعْقِلُوْنَ ۲

3. ਹੇ ਨਬੀ! ਅਸੀਂ ਤੁਹਾਨੂੰ ਬਹੁਤ ਹੀ ਵਧੀਆ ਕਿੱਸਾ ਸੁਣਾਉਂਦੇ ਹਾਂ, ਜਿਹੜਾ ਅਸੀਂ ਵਹੀ ਦੁਆਰਾ ਨਾਜ਼ਿਲ ਕੀਤਾ ਹੈ, ਇਸ ਤੋਂ ਪਹਿਲਾਂ ਤੁਸੀਂ ਅਣਜਾਣ ਲੋਕਾਂ ਵਿੱਚੋਂ ਸੀ।

نَحْنُ نَقُصُّ عَلَيْكَ اَحْسَنَ الْقَصَصِ بِمَآ اَوْحَيْنَآ اِلَيْكَ هٰذَا الْقُرْاٰنَ ۖ وَاِنْ كُنْتَ مِنْ قَبْلِهٖ لَمِنَ الْغٰفِلِيْنَ ۳

4. ਇਹ ਉਸ ਸਮੇਂ ਦੀ ਗੱਲ ਹੈ ਜਦੋਂ ਯੂਸੁਫ਼ ਨੇ ਆਪਣੇ ਪਿਤਾ ਨੂੰ ਦੱਸਿਆ ਸੀ ਕਿ ਹੇ ਪਿਤਾ ਜੀ! ਮੈਂਨੇ (ਸੁਪਨੇ ਵਿਚ) ਵੇਖਿਆ ਹੈ ਕਿ ਗਿਆਰਾਂ ਤਾਰੇ, ਸੂਰਜ ਤੇ ਚੰਨ ਮੈਨੂੰ ਸਿਜਦਾ ਕਰ ਰਹੇ ਹਨ।

اِذْ قَالَ يُوْسُفُ لِاَبِيْهِ يٰٓاَبَتِ اِنِّيْ رَاَيْتُ اَحَدَ عَشَرَ كَوْكَبًا وَّالشَّمْسَ وَالْقَمَرَ رَاَيْتُهُمْ لِيْ سٰجِدِيْنَ ۴

5. ਉਸ (ਪਿਤਾ, ਯਾਕੂਬ) ਨੇ ਆਖਿਆ ਕਿ ਹੇ ਮੇਰੇ ਪਿਆਰੇ ਪੁੱਤਰ! ਆਪਣੇ ਇਸ ਸੁਪਨੇ ਨੂੰ ਆਪਣੇ ਭਰਾਵਾਂ (ਜਿਹੜੇ ਕਿ ਗਿਆਰਾਂ ਸਨ) ਨੂੰ ਨਾ ਸੁਣਾਈਂ, ਨਹੀਂ ਤਾਂ ਉਹ ਤੇਰੇ ਨਾਲ (ਈਰਖਾ ਵਿਚ ਆਕੇ ਮੱਕਾਰੀ ਭਰੀਆਂ) ਚਾਲਾਂ ਚੱਲਣਗੇ। ਬੇਸ਼ੱਕ ਸ਼ੈਤਾਨ ਤਾਂ ਮਨੁੱਖ ਦਾ ਖੁੱਲ੍ਹਾ ਦੁਸ਼ਮਨ ਹੈ।

قَالَ يٰبُنَيَّ لَا تَقْصُصْ رُءْيَاكَ عَلٰٓى اِخْوَتِكَ فَيَكِيْدُوْا لَكَ كَيْدًا ۗ اِنَّ الشَّيْطٰنَ لِلْاِنْسَانِ عَدُوٌّ مُّبِيْنٌ ۵

6. (ਇਸੇ ਸੁਪਨੇ ਵਾਂਗ ਹੀ) ਤੇਰਾ ਰੱਬ ਤੈਨੂੰ (ਜੀਵਨ ਵਿਚ) ਮਾਨ ਸੱਮਾਨ ਦੇਵੇਗਾ ਅਤੇ ਤੈਨੂੰ ਸੱਮਸਿਆਵਾਂ ਦਾ ਹੱਲ ਕਰਨਾ ਵੀ ਸਿਖਾਵੇਗਾ ਅਤੇ ਤੇਰੇ ਉੱਤੇ ਅਤੇ ਯਾਕੂਬ ਦੇ ਘਰਾਨੇ ਉੱਤੇ ਆਪਣੀ ਨਿਅਮਤ (ਨਬੀ ਬਣਾਉਣ ਦੀ) ਉਸੇ ਪ੍ਰਕਾਰ ਪੂਰੀ ਕਰੇਗਾ ਜਿਵੇਂ ਇਸ ਤੋਂ ਪਹਿਲਾਂ ਤੇਰੇ ਪਿਓ ਦਾਦਾ (ਇਬਰਾਹੀਮ ਤੇ ਇਸਹਾਕ ਉੱਤੇ ਨਬੀ ਬਣਾ ਕੇ) ਅਹਿਸਾਨ ਕਰ ਚੁੱਕਾ ਹੈ। ਨਿਰਸੰਦੇਹ, ਤੇਰਾ ਰੱਬ ਬਹੁਤ ਵੱਡੇ ਗਿਆਨ ਅਤੇ ਡੂੰਘੀ ਸੂਝ ਬੂਝ ਵਾਲਾ ਹੈ।

وَكَذٰلِكَ يَجْتَبِيْكَ رَبُّكَ وَيُعَلِّمُكَ مِنْ تَأْوِيْلِ
الْأَحَادِيْثِ وَيُتِمُّ نِعْمَتَهٗ عَلَيْكَ وَعَلٰٓى اٰلِ
يَعْقُوْبَ كَمَآ اَتَمَّهَا عَلٰٓى اَبَوَيْكَ مِنْ قَبْلُ
اِبْرٰهِيْمَ وَاِسْحٰقَ ۚ اِنَّ رَبَّكَ عَلِيْمٌ حَكِيْمٌ ٦

7 ਬੇਸ਼ੱਕ ਯੂਸੁਫ ਤੇ ਉਸ ਦੇ ਭਰਾਵਾਂ ਦੇ ਕਿੱਸੇ ਵਿਚ ਪੁੱਛਣ ਵਾਲਿਆਂ ਲਈ ਬਥੇਰੀਆਂ ਨਿਸ਼ਾਨੀਆਂ ਹਨ।

لَقَدْ كَانَ فِىْ يُوْسُفَ وَاِخْوَتِهٖٓ اٰيٰتٌ لِّلسَّآئِلِيْنَ ٧

8 ਜਦੋਂ ਉਹਨਾਂ (ਭਰਾਵਾਂ) ਨੇ ਆਪੋ ਵਿਚ (ਗੱਲ ਬਾਤ ਕਰਦੇ ਹੋਏ) ਆਖਿਆ ਕਿ ਯੂਸੁਫ਼ ਤੇ ਉਸ ਦਾ (ਸਕਾ) ਭਰਾ (ਬਿਨਯਾਮੀਨ) ਸਾਡੇ ਪਿਉ (ਯਾਕੂਬ) ਨੂੰ ਸਾਥੋਂ ਵੱਧ ਪਿਆਰੇ ਹਨ, ਜਦ ਕਿ ਅਸੀਂ (ਦਸੋ ਭਰਾ) ਇਕ ਜੱਥਾ ਹਾਂ (ਇੰਜ ਕਰਕੇ) ਸਾਡਾ ਪਿਓ ਗ਼ਲਤੀ ਕਰ ਰਿਹਾ ਹੈ।

اِذْ قَالُوْا لَيُوْسُفُ وَاَخُوْهُ اَحَبُّ اِلٰٓى اَبِيْنَا مِنَّا
وَنَحْنُ عُصْبَةٌ ۭ اِنَّ اَبَانَا لَفِىْ ضَلٰلٍ مُّبِيْنِۨ ٨

9 (ਇਕ ਭਰਾ ਨੇ ਸੁਝਾਉ ਦਿੱਤਾ) ਕਿ ਤੁਸੀਂ ਯੂਸੁਫ ਨੂੰ ਮਾਰ ਹੀ ਦਿਓ ਜਾਂ ਉਸ ਨੂੰ ਕਿਸੇ ਵੀਰਾਨੇ ਵਿਚ ਸੁੱਟ ਆਓ ਤਾਂ ਜੋ ਤੁਹਾਡੇ ਪਿਓ ਦਾ ਚਿਹਰਾ (ਧਿਆਨ) ਤੁਹਾਡੇ ਲਈ (ਵਿਸ਼ੇਸ਼) ਹੋ ਜਾਵੇ, ਮਗਰੋਂ ਤੁਸੀਂ ਨੇਕ ਬਣ ਜਾਣਾ।

اقْتُلُوْا يُوْسُفَ اَوِ اطْرَحُوْهُ اَرْضًا يَّخْلُ لَكُمْ وَجْهُ
اَبِيْكُمْ وَتَكُوْنُوْا مِنْۢ بَعْدِهٖ قَوْمًا صٰلِحِيْنَ ٩

10 ਉਹਨਾਂ ਭਰਾਵਾਂ ਵਿੱਚੋਂ ਇਕ ਨੇ ਕਿਹਾ ਕਿ ਤੁਸੀਂ ਯੂਸੁਫ਼ ਨੂੰ ਕਤਲ ਨਾ ਕਰੋ, ਸਗੋਂ ਉਸ ਨੂੰ ਕਿਸੇ ਅੰਨੇ ਖੂਹ ਵਿਚ ਸੁੱਟ ਦਿਓ, ਕੋਈ ਆਉਂਦਾ ਜਾਂਦਾ ਵਿਅਕਤੀ ਉਸ ਨੂੰ ਕੱਢ ਕੇ ਲੈ ਜਾਵੇਗਾ ਜੇ ਤੁਸੀਂ ਕੁਝ ਕਰਨਾ ਹੈ ਤਾਂ ਇੰਜ ਕਰੋ।

قَالَ قَآئِلٌ مِّنْهُمْ لَا تَقْتُلُوْا يُوْسُفَ وَاَلْقُوْهُ
فِىْ غَيٰبَتِ الْجُبِّ يَلْتَقِطْهُ بَعْضُ السَّيَّارَةِ
اِنْ كُنْتُمْ فٰعِلِيْنَ ١٠

قَالُوْا يٰۤاَبَانَا مَا لَكَ لَا تَاْمَنَّا عَلٰى يُوْسُفَ وَاِنَّا لَهٗ لَنٰصِحُوْنَ (11)

11 ਸੋ ਉਹਨਾਂ ਨੇ ਕਿਹਾ ਕਿ ਪਿਤਾ ਜੀ, ਤੁਹਾਨੂੰ ਕੀ ਹੋ ਗਿਆ ਹੈ ਕਿ ਤੁਸੀਂ ਸਾਡੇ ਉੱਤੇ ਯੂਸੁਫ਼ ਬਾਰੇ ਭਰੋਸਾ ਨਹੀਂ ਕਰਦੇ ਜਦ ਕਿ ਅਸੀਂ ਸਾਰੇ ਉਸ ਦੇ ਸ਼ੁਭ-ਚਿੰਤਕ ਹਾਂ।

اَرْسِلْهُ مَعَنَا غَدًا يَّرْتَعْ وَيَلْعَبْ وَاِنَّا لَهٗ لَحٰفِظُوْنَ (12)

12 ਤੁਸੀਂ ਕਲ੍ਹ ਕਿ ਉਸ (ਯੂਸੁਫ਼) ਨੂੰ ਸਾਡੇ ਨਾਲ ਭੇਜਣਾ ਕਿ ਅਸੀਂ ਰੱਜ ਕੇ (ਫਲ) ਖਾਵਾਂਗੇ ਤੇ ਖੇਡਾਂ ਖੇਡਾਂਗੇ, ਅਸੀਂ ਉਸ ਦੀ ਰਾਖੀ ਕਰਾਂਗੇ।

قَالَ اِنِّيْ لَيَحْزُنُنِيْۤ اَنْ تَذْهَبُوْا بِهٖ وَاَخَافُ اَنْ يَّاْكُلَهُ الذِّئْبُ وَاَنْتُمْ عَنْهُ غٰفِلُوْنَ (13)

13 (ਯਾਕੂਬ ਨੇ) ਆਖਿਆ ਕਿ ਬੇਸ਼ੱਕ ਮੈਨੂੰ ਤਾਂ ਇਸ ਗੱਲ ਦਾ ਗ਼ਮ ਹੈ ਕਿ ਤੁਸੀਂ ਉਸ ਨੂੰ (ਮੇਰੇ ਕੋਲੋਂ) ਲੈ ਜਾਓ ਅਤੇ ਮੈਨੂੰ ਡਰ ਲਗਦਾ ਹੈ ਕਿ ਉਸ ਨੂੰ ਕੋਈ ਭੇੜੀਆਂ ਖਾ ਜਾਵੇ ਤੇ ਤੁਹਾਨੂੰ ਉਸ ਦੀ ਕੋਈ ਖ਼ਬਰ ਵੀ ਨਾ ਹੋਵੇ।

قَالُوْا لَئِنْ اَكَلَهُ الذِّئْبُ وَنَحْنُ عُصْبَةٌ اِنَّاۤ اِذًا لَّخٰسِرُوْنَ (14)

14. ਉਹਨਾਂ (ਭਰਾਵਾਂ) ਨੇ ਆਖਿਆ ਕਿ ਜੇ ਸਾਡੇ ਵਰਗੇ ਸ਼ਕਤੀਸ਼ਾਲੀ ਜੱਥੇ ਦੇ ਹੁੰਦੇ ਹੋਏ ਵੀ ਕੋਈ ਭੇੜੀਆ ਖਾ ਜਾਵੇ ਤਾਂ ਫੇਰ ਅਸੀਂ ਤਾਂ ਉੱਕਾ ਹੀ ਨਿਕੰਮੇ ਹੋਏ।

فَلَمَّا ذَهَبُوْا بِهٖ وَاَجْمَعُوْۤا اَنْ يَّجْعَلُوْهُ فِيْ غَيٰبَتِ الْجُبِّ ۚ وَاَوْحَيْنَاۤ اِلَيْهِ لَتُنَبِّئَنَّهُمْ بِاَمْرِهِمْ هٰذَا وَهُمْ لَا يَشْعُرُوْنَ (15)

15 ਯਾਕੂਬ ਦੀ ਆਗਿਆ ਲੈਣ ਮਗਰੋਂ ਜਦੋਂ ਉਹ ਉਸ (ਯੂਸੁਫ਼) ਨੂੰ ਲੈ ਗਏ ਅਤੇ ਸਭ ਨੇ ਮਿਲਕੇ ਇਹ ਮਤਾ ਪੱਕਾ ਕਰ ਲਿਆ ਕਿ ਇਸ ਨੂੰ ਖੂਹ ਵਿਚ ਸੁੱਟ ਦੇਈਏ, ਤਦ ਅਸੀਂ ਯੂਸੁਫ਼ ਵੱਲ ਵਹੀ ਘੱਲੀ ਕਿ ਇਕ ਸਮਾਂ ਅਜਿਹਾ ਆਵੇਗਾ ਕਿ ਤੂੰ ਇਹਨਾਂ (ਭਰਾਵਾਂ) ਨੂੰ ਇਹਨਾਂ ਦੀ ਕਰਨੀ ਜ਼ਰੂਰ ਚੇਤੇ ਕਰਾਏਂਗਾ, ਕਿ ਉਹ ਕੁੱਝ ਜਾਣਦੇ ਹੀ ਨਹੀਂ ਹੋਣਗੇ।

وَجَآءُوْۤ اَبَاهُمْ عِشَآءً يَّبْكُوْنَ (16)

16. (ਯੂਸੁਫ਼ ਨੂੰ ਖੂਹ ਵਿਚ ਸੁੱਟ ਕੇ) ਉਹ ਸਾਰੇ ਭਰਾ ਰਾਤ ਨੂੰ ਆਪਣੇ ਪਿਤਾ ਕੋਲ ਰੋਂਦੇ ਹੋਏ ਆਏ।

قَالُوْا يٰۤاَبَانَاۤ اِنَّا ذَهَبْنَا نَسْتَبِقُ وَتَرَكْنَا يُوْسُفَ عِنْدَ مَتَاعِنَا فَاَكَلَهُ الذِّئْبُ ۚ وَمَاۤ اَنْتَ بِمُؤْمِنٍ لَّنَا وَلَوْ كُنَّا صٰدِقِيْنَ (17)

17. ਅਤੇ ਆਖਣਗੇ ਲੱਗੇ ਕਿ ਪਿਤਾ ਜੀ ਅਸੀਂ ਤਾਂ ਆਪੋ ਵਿਚ ਦੌੜ ਲਗਾਈ ਦੇ ਮੁਕਾਬਲੇ ਵਿਚ ਲੱਗੇ ਹੋਏ ਸੀ ਅਤੇ ਯੂਸੁਫ਼ ਨੂੰ ਅਸੀਂ ਆਪਣੇ ਸਾਮਾਨ ਕੋਲ ਛੱਡ ਦਿੱਤਾ ਸੀ ਕਿ ਇਕ ਭੇੜੀਆਂ ਉਸ

(ਯੂਸੁਫ਼) ਨੂੰ ਖਾ ਗਿਆ। ਤੁਸੀਂ ਸਾਡੀ ਗੱਲ 'ਤੇ ਵਿਸ਼ਵਾਸ ਤਾਂ ਨਹੀਂ ਕਰਨਾ ਪਰ ਅਸੀਂ ਸੱਚੇ ਹਾਂ।

18. ਉਹ (ਭਰਾ) ਯੂਸੁਫ਼ ਦੇ ਕੁੜਤੇ ਨੂੰ ਝੂਠ ਮੂਠ ਦੇ ਖ਼ੂਨ ਨਾਲ ਭਰ ਲਿਆਏ ਸੀ। ਪਿਤਾ (ਯਾਕੂਬ) ਨੇ ਆਖਿਆ ਕਿ (ਹਕੀਕਤ ਇਹ ਨਹੀਂ) ਸਗੋਂ ਤੁਹਾਡੇ ਮਨਾਂ ਨੇ ਹੀ ਤੁਹਾਡੇ ਲਈ ਇਕ (ਭੈੜੀ) ਗੱਲ ਨੂੰ ਸਜਾ ਦਿੱਤਾ ਹੈ। ਹੁਣ ਤਾਂ ਸਬਰ ਹੀ ਬਿਹਤਰ ਹੈ, ਇਸੇ ਦੇ ਲਈ ਮੈਂ ਅੱਲਾਹ ਤੋਂ ਹੀ ਮਦਦ ਚਾਹੁੰਦਾ ਹਾਂ, ਜੋ ਤੁਸੀਂ ਦੱਸ ਰਹੇ ਹੋ।

وَجَآءُوْ عَلٰى قَمِيْصِهٖ بِدَمٍ كَذِبٍ ۭ قَالَ بَلْ
سَوَّلَتْ لَكُمْ اَنْفُسُكُمْ اَمْرًا ۭ فَصَبْرٌ جَمِيْلٌ ۭ
وَاللّٰهُ الْمُسْتَعَانُ عَلٰي مَا تَصِفُوْنَ 18

19 ਇਕ ਕਾਫ਼ਲਾ ਆਇਆ ਅਤੇ ਉਹਨਾਂ ਨੇ ਆਪਣੇ ਮਾਸ਼ਕੀ ਨੂੰ ਪਾਣੀ ਲੈਣ ਲਈ ਭੇਜਿਆ। ਜਦੋਂ ਉਸ ਨੇ ਆਪਣਾ ਡੋਲ (ਖੂਹ ਵਿਚ) ਲਮਕਾਇਆ, (ਉਹ ਵੇਖਦੇ ਹੀ) ਆਖਣ ਲੱਗਿਆ ਕਿ ਕਿੰਨੀ ਖ਼ੁਸ਼ੀ ਦੀ ਗੱਲ ਹੈ ਕਿ (ਖੂਹ ਵਿਚ ਤਾਂ) ਇਕ ਬਾਲਕ ਹੈ। ਉਹਨਾਂ (ਕਾਫ਼ਲੇ ਵਾਲਿਆਂ) ਨੇ ਉਸ ਬਾਲਕ ਨੂੰ ਪੂੰਜੀ (ਵਪਾਰਕ ਮਾਲ) ਸਮਝਦੇ ਹੋਏ ਲੁਕਾ ਲਿਆ, ਜਦੋਂ ਕਿ ਉਹ ਜੋ ਵੀ ਕਰ ਰਹੇ ਸੀ ਉਸ ਤੋਂ ਅੱਲਾਹ ਭਲੀ ਭਾਂਤ ਜਾਣੂ ਸੀ।

وَجَاۗءَتْ سَيَّارَةٌ فَاَرْسَلُوْا وَارِدَهُمْ فَاَدْلٰى دَلْوَهٗ ۭ
قَالَ يٰبُشْرٰى هٰذَا غُلٰمٌ ۭ وَاَسَرُّوْهُ بِضَاعَةً ۭ
وَاللّٰهُ عَلِيْمٌۢ بِمَا يَعْمَلُوْنَ 19

20 ਅਤੇ ਉਹਨਾਂ (ਕਾਫ਼ਲੇ ਵਾਲਿਆਂ) ਨੇ ਉਸ ਬਾਲਕ (ਯੂਸੁਫ਼) ਨੂੰ ਬਹੁਤ ਹੀ ਥੋੜ੍ਹੇ ਮੁੱਲ 'ਤੇ ਭਾਵ ਕੁੱਝ ਕੁ ਦਮੜੀਆਂ ਵੱਟੇ ਵੇਚ ਸੁੱਟਿਆ, ਉਹ (ਕਾਫ਼ਲੇ ਵਾਲੇ) ਤਾਂ ਉਸ (ਯੂਸੁਫ਼) ਤੋਂ ਬੇ-ਧਿਆਨੇ ਹੀ ਸਨ

وَشَرَوْهُ بِثَمَنٍۢ بَخْسٍ دَرَاهِمَ مَعْدُوْدَةٍ ۚ
وَكَانُوْا فِيْهِ مِنَ الزّٰهِدِيْنَ 20

21 ਜਿਸ ਵਿਅਕਤੀ ਨੇ ਉਸ (ਯੂਸੁਫ਼) ਨੂੰ ਕਾਫ਼ਲੇ ਵਾਲਿਆਂ ਤੋਂ ਮਿਸਰ ਦੇਸ਼ ਵਿਚ ਖ਼ਰੀਦਿਆ ਸੀ ਉਸ ਨੇ ਆਪਣੀ ਪਤਨੀ ਨੂੰ ਆਖਿਆ ਕਿ ਇਸ (ਬਾਲਕ) ਦਾ ਧਿਆਨ ਰੱਖੀਂ, ਹੋ ਸਕਦਾ ਹੈ ਕਿ ਇਹ ਸਾਡੇ ਲਈ ਲਾਹੇਵੰਦ ਸਿੱਧ ਹੋਵੇ ਜਾਂ ਇਹ ਨੂੰ ਅਸੀਂ ਆਪਣਾ ਪੁੱਤਰ ਹੀ ਬਣਾ ਲਈਏ। ਇੰਜ ਅਸੀਂ ਯੂਸੁਫ਼ ਨੂੰ ਮਿਸਰ ਦੀ ਧਰਤੀ 'ਤੇ ਰਹਿਣ ਲਈ ਥਾਂ ਦਿੱਤੀ ਤਾਂ ਜੋ ਉਸ ਨੂੰ ਗੱਲਾਂ ਦੀ ਤਹਿ ਤਕ ਪਹੁੰਚਣਾ (ਭਾਵ ਸੁਪਨੇ ਦੀ

وَقَالَ الَّذِي اشْتَرٰىهُ مِنْ مِّصْرَ لِامْرَاَتِهٖٓ اَكْرِمِيْ
مَثْوٰىهُ عَسٰٓى اَنْ يَّنْفَعَنَآ اَوْ نَتَّخِذَهٗ وَلَدًا ۭ
وَكَذٰلِكَ مَكَّنَّا لِيُوْسُفَ فِي الْاَرْضِ ۡ وَلِنُعَلِّمَهٗ
مِنْ تَاْوِيْلِ الْاَحَادِيْثِ ۭ وَاللّٰهُ غَالِبٌ عَلٰٓي اَمْرِهٖ
وَلٰكِنَّ اَكْثَرَ النَّاسِ لَا يَعْلَمُوْنَ 21

ਤਾਬੀਰ) ਸਿਖਾਈਏ। ਅੱਲਾਹ ਆਪਣੇ ਹਰ ਕੰਮ ਕਰਨ ਵਿਚ ਸਮਰਥ ਹੈ, ਪਰ ਫੇਰ ਵੀ ਬਥੇਰੇ ਲੋਕੀ (ਅੱਲਾਹ ਦੇ ਗਿਆਨ ਨੂੰ) ਨਹੀਂ ਜਾਣਦੇ।

وَلَمَّا بَلَغَ أَشُدَّهُ آتَيْنَاهُ حُكْمًا وَعِلْمًا ۚ
وَكَذَٰلِكَ نَجْزِي الْمُحْسِنِينَ ﴿٢٢﴾

22. ਜਦੋਂ ਉਹ (ਯੂਸੁਫ਼) ਜਵਾਨ ਹੋ ਗਿਆ ਤਾਂ ਅਸੀਂ ਉਸ ਨੂੰ ਹੁਕਮ (ਨਿਰਨਾਂ ਸ਼ਕਤੀ) ਤੇ (ਰੱਬੀ) ਗਿਆਨ (ਨਬੁੱਵਤ) ਬਖ਼ਸ਼ੀ, ਅਸੀਂ ਇਸੇ ਤਰ੍ਹਾਂ ਨੇਕੀਆਂ ਕਰਨ ਵਾਲਿਆਂ ਨੂੰ ਬਦਲਾ ਦਿਆ ਕਰਦੇ ਹਾਂ।

وَرَاوَدَتْهُ الَّتِي هُوَ فِي بَيْتِهَا عَن نَّفْسِهِ وَغَلَّقَتِ
الْأَبْوَابَ وَقَالَتْ هَيْتَ لَكَ ۚ قَالَ مَعَاذَ اللَّهِ ۖ إِنَّهُ
رَبِّي أَحْسَنَ مَثْوَايَ ۖ إِنَّهُ لَا يُفْلِحُ الظَّالِمُونَ ﴿٢٣﴾

23. ਜਿਸ ਇਸਤਰੀ ਦੇ ਘਰ ਉਹ (ਯੂਸੁਫ਼) ਰਹਿੰਦਾ ਸੀ, ਉਹ ਉਸ ਨੂੰ ਭਰਮਾਉਣ ਲੱਗੀ ਅਤੇ ਇਕ ਦਿਨ ਬੂਹੇ ਬੰਦ ਕਰਕੇ ਕਹਿਣ ਲੱਗੀ ਕਿ "ਆ ਜਾ"। (ਯੂਸੁਫ਼ ਨੇ) ਕਿਹਾ, ਅੱਲਾਹ ਦੀ ਪਨਾਹ, ਮੈਂ ਇਹ ਕੰਮ ਨਹੀਂ ਕਰਾਂਗਾ, ਉਹ (ਤੇਰਾ ਪਤੀ) ਮੇਰਾ ਮਾਲਿਕ ਹੈ, ਉਸ ਨੇ ਮੈਨੂੰ ਬਹੁਤ ਵਧੀਆ ਟਿਕਾਣਾ ਦਿੱਤਾ ਹੈ। ਬੇਸ਼ੱਕ ਜ਼ਾਲਮ (ਧੋਖੇ ਬਾਜ਼) ਲੋਕਾਂ ਨੂੰ ਭਲਾਈ ਨਹੀਂ ਮਿਲਦੀ।

وَلَقَدْ هَمَّتْ بِهِ ۖ وَهَمَّ بِهَا لَوْلَا أَن رَّأَىٰ بُرْهَانَ
رَبِّهِ ۚ كَذَٰلِكَ لِنَصْرِفَ عَنْهُ السُّوءَ وَالْفَحْشَاءَ ۚ
إِنَّهُ مِنْ عِبَادِنَا الْمُخْلَصِينَ ﴿٢٤﴾

24. ਉਸ ਇਸਤਰੀ ਨੇ ਯੂਸੁਫ਼ ਨਾਲ (ਬਦਕਾਰੀ ਕਰਨ ਦਾ) ਇਰਾਦਾ ਕਰ ਲਿਆ ਅਤੇ ਉਹ ਵੀ ਉਸ (ਬਦਕਾਰੀ) ਦਾ ਇਰਾਦਾ ਕਰ ਹੀ ਲੈਂਦਾ ਜੇ ਆਪਣੇ ਰੱਬ ਦੀਆਂ ਨਿਸ਼ਾਨੀਆਂ ਨਾ ਵੇਖ ਲੈਂਦਾ। ਇਹ ਸਭ ਇਸ ਕਾਰਨ ਹੋਇਆ ਤਾਂ ਜੋ ਅਸੀਂ ਉਸ (ਯੂਸੁਫ਼) ਤੋਂ (ਹਰ ਤਰ੍ਹਾਂ ਦੀ) ਬੁਰਾਈ ਤੇ ਬੇ-ਹਿਆਈ (ਅਸ਼ਲੀਲਤਾ) ਦੂਰ ਕਰ ਦਈਏ। ਬੇਸ਼ਕ ਉਹ ਸਾਡੇ ਚੁਣਵੇਂ ਬੰਦਿਆਂ (ਨਬੀਆਂ) ਵਿੱਚੋਂ ਸੀ।

وَاسْتَبَقَا الْبَابَ وَقَدَّتْ قَمِيصَهُ مِن دُبُرٍ وَأَلْفَيَا
سَيِّدَهَا لَدَى الْبَابِ ۚ قَالَتْ مَا جَزَاءُ مَنْ أَرَادَ بِأَهْلِكَ
سُوءًا إِلَّا أَن يُسْجَنَ أَوْ عَذَابٌ أَلِيمٌ ﴿٢٥﴾

25. (ਇਕ ਦਿਨ) ਉਹ ਦੋਵੇਂ (ਇਸਤਰੀ ਤੇ ਯੂਸੁਫ਼) ਬੂਹੇ ਵੱਲ ਨੱਸੇ ਅਤੇ ਉਸ (ਇਸਤਰੀ) ਨੇ ਉਸ (ਯੂਸੁਫ਼) ਦਾ ਕੁੜਤਾ ਪਿਛਿਓਂ (ਖਿੱਚ ਕੇ) ਪਾੜ ਦਿੱਤਾ ਅਤੇ ਬੂਹੇ ਕੋਲ ਹੀ ਇਸਤਰੀ ਦਾ ਪਤੀ ਦੋਹਾਂ ਨੂੰ ਮਿਲ ਗਿਆ। ਤਾਂ ਉਹ (ਇਸਤਰੀ ਆਪਣੇ ਪਤੀ ਨੂੰ) ਆਖਣ ਲੱਗੀ, ਕੀ ਸਜ਼ਾ ਹੈ ਉਸ ਵਿਅਕਤੀ ਦੀ ਜਿਹੜਾ ਵਿਅਕਤੀ ਤੇਰੀ ਪਤਨੀ ਨਾਲ ਬੁਰਾਈ

ਦਾ ਇਰਾਦਾ ਕਰੇ? (ਪਤੀ ਨੇ ਕਿਹਾ) ਉਸ ਦੀ ਸਜ਼ਾ ਤਾਂ ਇਹੀ ਹੈ ਕਿ ਉਸ ਨੂੰ ਕੈਦ ਕਰ ਲਿਆ ਜਾਵੇ ਜਾਂ ਕੋਈ ਹੋਰ ਕਰੜੀ ਸਜ਼ਾ ਦਿੱਤੀ ਜਾਵੇ।

26 (ਯੂਸੁਫ਼ ਨੇ) ਕਿਹਾ ਕਿ ਇਹੋ (ਤੁਹਾਡੀ ਪਤਨੀ) ਮੈਨੂੰ ਭਰਮਾ ਰਹੀ ਸੀ ਨਾ ਕਿ ਮੈਂ। ਉਸੇ ਇਸਤਰੀ ਦੇ ਘਰਾਨੇ ਵਿੱਚੋਂ ਇਕ ਵਿਅਕਤੀ ਨੇ ਗਵਾਹੀ ਦਿੱਤੀ ਕਿ ਜੇ ਇਸ ਯੂਸੁਫ਼ ਦਾ ਕੁੜਤਾ ਮੂਹਰਿਓਂ ਪਾਟਿਆ ਹੈ ਤਾਂ ਇਸਤਰੀ ਸੱਚੀ ਹੈ ਅਤੇ ਇਹ (ਯੂਸੁਫ਼) ਝੂਠਾ।

قَالَ هِيَ رَاوَدَتْنِي عَنْ نَفْسِي وَشَهِدَ شَاهِدٌ مِنْ
أَهْلِهَا ۚ إِنْ كَانَ قَمِيصُهُ قُدَّ مِنْ قُبُلٍ فَصَدَقَتْ
وَهُوَ مِنَ الْكَاذِبِينَ ٢٦

27. ਜੇ ਇਸ ਯੂਸੁਫ਼ ਦਾ ਕੁੜਤਾ ਪਿਛਿਓਂ ਪਾਟਿਆ ਹੋਇਆ ਹੈ ਤਾਂ ਔਰਤ ਝੂਠੀ ਹੈ ਤੇ ਉਹ ਯੂਸੁਫ਼ ਸੱਚਾ।

وَإِنْ كَانَ قَمِيصُهُ قُدَّ مِنْ دُبُرٍ فَكَذَبَتْ
وَهُوَ مِنَ الصَّادِقِينَ ٢٧

28. ਜਦੋਂ ਅਜ਼ੀਜ਼ (ਪਤੀ ਨੇ) ਵੇਖਿਆ ਕਿ ਉਸ ਯੂਸੁਫ਼ ਦਾ ਕੁੜਤਾ ਤਾਂ ਪਿੱਛਿਓਂ ਪਾਟਿਆ ਹੋਇਆ ਹੈ ਤਾਂ ਉਸ ਨੇ ਕਿਹਾ ਕਿ ਇਹ ਸਭ ਇਸਤਰੀਆਂ ਦੇ ਤਿਰੀਆ-ਚਰਿੱਤਰ ਹਨ, ਬੇਸ਼ੱਕ ਤੇਰੇ ਚਰਿੱਤਰ ਵੀ ਬਹੁਤ ਖ਼ਤਰਨਾਕ ਹਨ।

فَلَمَّا رَأَى قَمِيصَهُ قُدَّ مِنْ دُبُرٍ قَالَ إِنَّهُ
مِنْ كَيْدِكُنَّ ۖ إِنَّ كَيْدَكُنَّ عَظِيمٌ ٢٨

29. (ਪਤੀ ਨੇ ਕਿਹਾ ਕਿ) ਹੇ ਯੂਸੁਫ਼ ਇਸ ਗੱਲ ਤੋਂ ਅਣਦੇਖੀ ਕਰ ਅਤੇ (ਹੇ ਔਰਤ!) ਤੂੰ ਆਪਣੀਆਂ ਕਰਤੂਤਾਂ ਦੀ (ਯੂਸੁਫ਼ ਤੋਂ) ਮੁਆਫ਼ੀ ਮੰਗ, ਬੇਸ਼ੱਕ ਤੂੰ ਹੀ ਦੋਸ਼ੀ ਹੈਂ।

يُوسُفُ أَعْرِضْ عَنْ هَٰذَا ۚ وَاسْتَغْفِرِي
لِذَنْبِكِ ۖ إِنَّكِ كُنْتِ مِنَ الْخَاطِئِينَ ٢٩

30 ਉਸ ਸ਼ਹਿਰ ਦੀਆਂ ਜ਼ਨਾਨੀਆਂ ਵਿਚ ਗੱਲਾਂ ਹੋਣ ਲੱਗ ਪਈਆਂ ਕਿ ਅਜ਼ੀਜ਼ ਦੀ ਪਤਨੀ ਆਪਣੇ ਗ਼ੁਲਾਮ ਨੂੰ ਹੀ ਆਪਣੀ ਇੱਛਾ ਪੂਰਤੀ ਲਈ ਭਰਮਾਉਣ ਵਿਚ ਲੱਗੀ ਹੋਈ ਹੈ। ਉਸ ਦਾ ਮਨ ਉਸ (ਯੂਸੁਫ਼) ਦੀ ਮੁਹੱਬਤ ਵਿਚ ਫ਼ਿਦਾ ਹੋ ਗਿਆ ਹੈ। ਬੇਸ਼ੱਕ ਅਸੀਂ ਉਸ ਨੂੰ ਸਪਸ਼ਟ ਗੁਮਰਾਹੀ ਵਿਚ ਵੇਖ ਰਹੇ ਹਾਂ।

وَقَالَ نِسْوَةٌ فِي الْمَدِينَةِ امْرَأَتُ الْعَزِيزِ تُرَاوِدُ
فَتَاهَا عَنْ نَفْسِهِ ۖ قَدْ شَغَفَهَا حُبًّا ۖ إِنَّا لَنَرَاهَا
فِي ضَلَالٍ مُبِينٍ ٣٠

31 ਜਦੋਂ ਉਸ (ਅਜ਼ੀਜ਼ ਦੀ ਪਤਨੀ) ਨੇ ਉਹਨਾਂ (ਜ਼ਨਾਨੀਆਂ) ਦੀਆਂ ਮੱਕਾਰੀ ਭਰੀਆਂ ਗੱਲਾਂ ਸੁਣੀਆਂ ਤਾਂ ਉਸ ਨੇ (ਸਾਰੀਆਂ ਜ਼ਨਾਨੀਆਂ) ਨੂੰ ਸੱਦਾ ਭੇਜਿਆ ਅਤੇ ਉਹਨਾਂ (ਜ਼ਨਾਨੀਆਂ) ਲਈ ਗਾਓ ਤਕੀਆਂ ਵਾਲੀ ਮਜਲਿਸ ਸਜਾਈ ਅਤੇ ਹਰੇਕ ਨੂੰ (ਫਲ ਕੱਟਣ ਲਈ) ਇਕ -ਇਕ ਛੁਰੀ ਫੜਾ ਦਿੱਤੀ। ਅਤੇ (ਫੇਰ ਯੂਸੁਫ਼ ਨੂੰ) ਕਿਹਾ ਕਿ ਇਹਨਾਂ ਦੇ ਸਾਹਮਣੇ ਨਿਕਲ ਆ। ਜਦੋਂ ਉਹਨਾਂ ਜ਼ਨਾਨੀਆਂ ਨੇ ਉਸ ਨੂੰ ਵੇਖਿਆ ਤਾਂ ਵੇਖ ਕੇ ਹੈਰਾਨ ਹੋ ਗਈਆਂ ਅਤੇ ਆਪਣੇ ਹੱਥ ਵਢਾ ਬੈਠੀਆਂ ਅਤੇ ਆਖਣ ਲੱਗੀਆਂ ਕਿ ਅੱਲਾਹ ਦੀ ਪਨਾਹ। ਇਹ ਮਨੁੱਖ ਨਹੀਂ ਇਹ ਤਾਂ ਕੋਈ ਬਹੁਤ ਹੀ ਬਜ਼ੁਰਗ ਫ਼ਰਿਸ਼ਤਾ ਹੈ।

فَلَمَّا سَمِعَتْ بِمَكْرِهِنَّ أَرْسَلَتْ إِلَيْهِنَّ وَأَعْتَدَتْ
لَهُنَّ مُتَّكَأً وَآتَتْ كُلَّ وَاحِدَةٍ مِّنْهُنَّ سِكِّينًا
وَقَالَتِ اخْرُجْ عَلَيْهِنَّ فَلَمَّا رَأَيْنَهُ أَكْبَرْنَهُ
وَقَطَّعْنَ أَيْدِيَهُنَّ وَقُلْنَ حَاشَ لِلَّهِ مَا هَٰذَا بَشَرًا
إِنْ هَٰذَا إِلَّا مَلَكٌ كَرِيمٌ ٣١

32 (ਉਸ ਸਮੇਂ ਅਜ਼ੀਜ਼ ਦੀ ਪਤਨੀ ਨੇ) ਆਖਿਆ, ਇਹੋ ਉਹ ਵਿਅਕਤੀ ਹੈ ਜਿਸ ਲਈ ਤੁਸੀਂ ਮੈਨੂੰ ਤਾਅਨੇ ਮਿਹਣੇ ਦਿੰਦੀਆਂ ਸੀ। ਮੈਨੇ ਹੀ ਇਸ ਨੂੰ ਭਰਮਾਉਣ ਦੀ ਕੋਸ਼ਿਸ਼ ਕੀਤੀ ਸੀ ਪਰ ਇਹ ਬਚ ਨਿਕਲਿਆ, ਹੁਣ ਜੇ ਇਸ ਨੇ ਮੇਰੇ ਹੁਕਮ ਅਨੁਸਾਰ ਨਾ ਕੀਤਾ ਤਾਂ ਇਸ ਨੂੰ ਜ਼ਰੂਰ ਹੀ ਕੈਦ ਕੀਤਾ ਜਾਵੇਗਾ ਅਤੇ ਉਹ ਬਹੁਤ ਹੀ ਹੀਣਾ ਹੋਵੇਗਾ।

قَالَتْ فَذَٰلِكُنَّ الَّذِي لُمْتُنَّنِي فِيهِ وَلَقَدْ رَاوَدتُّهُ
عَن نَّفْسِهِ فَاسْتَعْصَمَ وَلَئِن لَّمْ يَفْعَلْ مَا آمُرُهُ
لَيُسْجَنَنَّ وَلَيَكُونًا مِّنَ الصَّاغِرِينَ ٣٢

33 (ਯੂਸੁਫ਼ ਨੇ) ਕਿਹਾ ਕਿ ਹੇ ਮੇਰੇ ਰੱਬਾ, ਜਿਸ ਗੱਲ ਲਈ ਇਹ ਜ਼ਨਾਨੀਆਂ ਮੈਨੂੰ ਬੁਲਾ ਰਹੀਆਂ ਹਨ ਉਸ ਤੋਂ ਤਾਂ ਮੈਨੂੰ ਜੇਲ੍ਹ ਹੀ ਪਸੰਦ ਹੈ। ਜੇ ਤੈਨੇ ਮੈਨੂੰ ਇਹਨਾਂ ਦੀਆਂ ਚਾਲਾਂ ਤੋਂ ਨਾ ਬਚਾਇਆ ਤਾਂ ਮੇਰਾ ਝੁਕਾਓ ਵੀ ਇਹਨਾਂ ਜ਼ਨਾਨੀਆਂ ਵੱਲ ਹੋ ਜਾਵੇਗਾ, ਫੇਰ ਮੈਂ ਉੱਕਾ ਹੀ ਜਾਹਲਾਂ ਵਿੱਚੋਂ ਹੋ ਜਾਵਾਂਗਾ।

قَالَ رَبِّ السِّجْنُ أَحَبُّ إِلَيَّ مِمَّا يَدْعُونَنِي إِلَيْهِ
وَإِلَّا تَصْرِفْ عَنِّي كَيْدَهُنَّ أَصْبُ إِلَيْهِنَّ وَأَكُن
مِّنَ الْجَاهِلِينَ ٣٣

34 ਉਸ ਦੇ ਰੱਬ ਨੇ ਉਸ (ਯੂਸੁਫ਼) ਦੀ ਦੁਆ ਕਬੂਲ ਕਰ ਲਈ ਅਤੇ ਉਸ ਨੂੰ ਜ਼ਨਾਨੀਆਂ ਦੀਆਂ ਚਾਲਾਂ ਤੋਂ ਬਚਾ ਲਿਆ। ਬੇਸ਼ੱਕ ਉਹੀਓ ਸੁਣਨ ਵਾਲਾ ਤੇ ਜਾਣਕਾਰ ਹੈ।

فَاسْتَجَابَ لَهُ رَبُّهُ فَصَرَفَ عَنْهُ كَيْدَهُنَّ
إِنَّهُ هُوَ السَّمِيعُ الْعَلِيمُ ٣٤

35. ਯੂਸੁਫ਼ ਦੀ ਪਵਿੱਤਰਤਾ ਦੀਆਂ ਸਾਰੀਆਂ ਨਿਸ਼ਾਨੀਆਂ ਵੇਖਣ ਤੋਂ ਬਾਅਦ ਉਹਨਾਂ ਲੋਕਾਂ ਨੇ ਇਹੋ ਠੀਕ ਸਮਝਿਆ ਕਿ ਕੁੱਝ ਸਮੇਂ ਲਈ ਇਸ (ਯੂਸੁਫ਼) ਨੂੰ ਕੈਦ ਵਿਚ ਹੀ ਰੱਖਿਆ ਜਾਵੇ।

ثُمَّ بَدَا لَهُم مِّن بَعْدِ مَا رَأَوُا الْآيَاتِ
لَيَسْجُنُنَّهُ حَتَّىٰ حِينٍ ﴿٣٥﴾

36. ਉਹ (ਯੂਸੁਫ਼) ਦੇ ਨਾਲ ਹੀ ਦੋ ਹੋਰ ਵਿਅਕਤੀ ਵੀ ਕੈਦ ਖ਼ਾਨੇ ਵਿਚ ਦਾਖ਼ਲ ਹੋਏ। ਉਹਨਾਂ ਵਿੱਚੋਂ ਇਕ ਨੇ (ਯੂਸੁਫ਼ ਨੂੰ) ਕਿਹਾ ਕਿ ਮੈਨੇ ਆਪਣੇ ਆਪ ਨੂੰ ਸੁਪਨੇ ਵਿਚ ਸ਼ਰਾਬ ਕੱਢਦੇ ਹੋਏ ਵੇਖਿਆ ਹੈ ਅਤੇ ਦੂਜੇ ਨੇ ਕਿਹਾ ਕਿ ਮੈਨੇ ਸੁਪਨੇ ਵਿਚ ਆਪਣੇ ਸਿਰ 'ਤੇ ਰੋਟੀਆਂ ਚੁੱਕੀਆਂ ਹੋਈਆਂ ਹਨ, ਜਿਨ੍ਹਾਂ ਨੂੰ ਪੰਛੀ ਖਾ ਰਹੇ ਹਨ। ਤੁਸੀਂ ਸਾਨੂੰ ਇਹਨਾਂ ਸੁਪਨਿਆਂ ਦੀ ਤਾਅਬੀਰ ਭਾਵ ਅਰਥ ਸਮਝਾਓ, ਤੁਸੀਂ ਸਾਨੂੰ ਇਕ ਨੇਕ ਵਿਅਕਤੀ ਵਿਖਾਈ ਦੇ ਰਹੇ ਹੋ।

وَدَخَلَ مَعَهُ السِّجْنَ فَتَيَانِ ۖ قَالَ أَحَدُهُمَا إِنِّي
أَرَانِي أَعْصِرُ خَمْرًا ۖ وَقَالَ الْآخَرُ إِنِّي أَرَانِي أَحْمِلُ
فَوْقَ رَأْسِي خُبْزًا تَأْكُلُ الطَّيْرُ مِنْهُ ۖ نَبِّئْنَا بِتَأْوِيلِهِ ۖ
إِنَّا نَرَاكَ مِنَ الْمُحْسِنِينَ ﴿٣٦﴾

37. (ਯੂਸੁਫ਼ ਨੇ) ਕਿਹਾ ਕਿ ਜਿਹੜਾ ਭੋਜਨ ਤੁਹਾਨੂੰ ਇੱਥੇ ਮਿਲਿਆ ਕਰਦਾ ਹੈ ਉਸ ਦੇ ਆਉਣ ਤੋਂ ਪਹਿਲਾਂ-ਪਹਿਲਾਂ ਮੈਂ ਤੁਹਾਨੂੰ ਇਹਨਾਂ ਦੀ ਤਾਅਬੀਰ (ਅਰਥ) ਦੱਸ ਦੇਵਾਂਗਾ। ਇਹ (ਸੂਝ-ਬੂਝ) ਦੀਆਂ ਗੱਲਾਂ ਉਸ ਗਿਆਨ ਵਿੱਚੋਂ ਹਨ ਜਿਹੜੀਆਂ ਮੇਰੇ ਰੱਬ ਨੇ ਮੈਨੂੰ ਸਿਖਾਈਆਂ ਹਨ। ਮੈਨੇ ਉਹਨਾਂ ਲੋਕਾਂ ਦਾ ਧਰਮ (ਤਰੀਕਾ) ਛੱਡਿਆ ਹੋਇਆ ਹੈ ਜਿਹੜੇ ਅੱਲਾਹ 'ਤੇ ਈਮਾਨ ਨਹੀਂ ਰੱਖਦੇ ਅਤੇ ਆਖ਼ਿਰਤ ਦੇ ਵੀ ਇਨਕਾਰੀ ਹਨ।

قَالَ لَا يَأْتِيكُمَا طَعَامٌ تُرْزَقَانِهِ إِلَّا نَبَّأْتُكُمَا بِتَأْوِيلِهِ
قَبْلَ أَن يَأْتِيَكُمَا ۚ ذَٰلِكُمَا مِمَّا عَلَّمَنِي رَبِّي ۚ
إِنِّي تَرَكْتُ مِلَّةَ قَوْمٍ لَّا يُؤْمِنُونَ بِاللَّهِ وَهُم
بِالْآخِرَةِ هُمْ كَافِرُونَ ﴿٣٧﴾

38. ਮੈਂ ਤਾਂ ਆਪਣੇ ਪਿਓ ਦਾਦਾ ਇਬਰਾਹੀਮ, ਇਸਹਾਕ ਤੇ ਯਾਕੂਬ ਦੇ ਧਰਮ ਦੀ ਪੈਰਵੀ ਕਰਦਾ ਹਾਂ। ਸਾਡੇ ਲਈ ਜਾਇਜ਼ ਨਹੀਂ ਕਿ ਅਸੀਂ ਅੱਲਾਹ ਦੇ ਨਾਲ ਕਿਸੇ ਹੋਰ ਨੂੰ ਸ਼ਰੀਕ ਬਣਾਈਏ। ਸਾਡੇ 'ਤੇ ਅਤੇ ਸਾਰੇ ਹੀ ਦੂਜੇ ਲੋਕਾਂ 'ਤੇ ਅੱਲਾਹ ਦਾ ਇਹ ਵਿਸ਼ੇਸ਼ ਫ਼ਜ਼ਲ ਹੈ, ਪਰੰਤੂ ਬਥੇਰੇ ਲੋਕ ਨਾ-ਸ਼ੁਕਰੀ ਕਰਦੇ ਹਨ।[1]

وَاتَّبَعْتُ مِلَّةَ آبَائِي إِبْرَاهِيمَ وَإِسْحَاقَ وَيَعْقُوبَ ۚ
مَا كَانَ لَنَا أَن نُّشْرِكَ بِاللَّهِ مِن شَيْءٍ ۚ ذَٰلِكَ مِن
فَضْلِ اللَّهِ عَلَيْنَا وَعَلَى النَّاسِ وَلَٰكِنَّ أَكْثَرَ النَّاسِ
لَا يَشْكُرُونَ ﴿٣٨﴾

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 135/2

39. ਹੇ ਮੇਰੇ ਜੇਲ੍ਹ ਦੇ ਸਾਥੀਓ! (ਜ਼ਰਾ ਦੱਸੋ) ਕੀ ਕਈ ਵੱਖਰੇ-ਵੱਖਰੇ ਇਸ਼ਟ ਚੰਗੇ ਹਨ ਜਾਂ ਇੱਕੋ ਇੱਕ ਅੱਲਾਹ ਜਿਹੜਾ ਸਭ ਤੋਂ ਵੱਧ ਜ਼ੋਰਾਵਰ ਹੈ।

يَٰصَٰحِبَيِ ٱلسِّجْنِ ءَأَرْبَابٌ مُّتَفَرِّقُونَ خَيْرٌ أَمِ ٱللَّهُ ٱلْوَٰحِدُ ٱلْقَهَّارُ ٣٩

40 ਇਸ ਅੱਲਾਹ ਤੋਂ ਛੁੱਟ ਤੁਸੀਂ ਜਿਨ੍ਹਾਂ ਦੀ ਵੀ ਇਬਾਦਤ ਕਰਦੇ ਹੋ ਉਹ ਕੇਵਲ ਨਾਂ (ਦੇ ਹੀ ਇਸ਼ਟ) ਹਨ। ਜਿਹੜੇ ਤੁਸੀਂ ਤੇ ਤੁਹਾਡੇ ਬਜ਼ੁਰਗਾਂ ਨੇ ਆਪ ਰੱਖ ਛੱਡੇ ਹਨ। ਅੱਲਾਹ ਨੇ ਉਹਨਾਂ ਲਈ ਕੋਈ ਦਲੀਲ (ਇਬਾਦਤ ਕਰਨ ਦੀ) ਨਹੀਂ ਉਤਾਰੀ। ਅੱਲਾਹ ਤੋਂ ਛੁੱਟ ਹੋਰ ਕੋਈ ਹਾਕਮ ਨਹੀਂ ਹੈ, ਉਸੇ ਦਾ ਹੁਕਮ ਹੈ ਕਿ ਤੁਸੀਂ ਸਾਰੇ ਉਸੇ ਦੀ ਇਬਾਦਤ ਕਰੋ, ਇਹੋ ਸੱਚਾ ਧਰਮ ਹੈ, ਪਰ ਬਥੇਰੇ ਲੋਕੀ ਨਹੀਂ ਜਾਣਦੇ।

مَا تَعْبُدُونَ مِن دُونِهِۦٓ إِلَّآ أَسْمَآءً سَمَّيْتُمُوهَآ أَنتُمْ وَءَابَآؤُكُم مَّآ أَنزَلَ ٱللَّهُ بِهَا مِن سُلْطَٰنٍ ۚ إِنِ ٱلْحُكْمُ إِلَّا لِلَّهِ ۚ أَمَرَ أَلَّا تَعْبُدُوٓا۟ إِلَّآ إِيَّاهُ ۚ ذَٰلِكَ ٱلدِّينُ ٱلْقَيِّمُ وَلَٰكِنَّ أَكْثَرَ ٱلنَّاسِ لَا يَعْلَمُونَ ٤٠

41. (ਯੂਸੁਫ਼ ਨੇ ਸੁਪਨੇ ਸੰਬੰਧੀ ਦੱਸਦੇ ਹੋਏ ਕਿਹਾ ਕਿ) ਹੇ ਮੇਰੇ ਜੇਲ੍ਹ ਦੇ ਸਾਥੀਓ! ਤੁਹਾਡੇ ਵਿੱਚੋਂ ਇਕ ਤਾਂ ਆਪਣੇ ਮਾਲਿਕ ਨੂੰ ਸ਼ਰਾਬ ਪਿਆਏਗਾ ਅਤੇ ਦੂਜਾ ਸੂਲੀ 'ਤੇ ਚਾੜ੍ਹਿਆ ਜਾਵੇਗਾ ਅਤੇ ਪੰਛੀ ਉਸ ਦੇ ਸਿਰ (ਦਾ ਮਾਸ) ਨੋਚ ਨੋਚ ਕੇ ਖਾਣਗੇ। ਉਸ ਮਾਮਲੇ (ਸੁਪਨੇ) ਦਾ ਨਿਬੇੜਾ ਕਰ ਦਿੱਤਾ, ਜਿਸ ਬਾਰੇ ਤੁਸੀਂ ਮੈਥੋਂ ਪੁੱਛ ਰਹੇ ਸੀ।

يَٰصَٰحِبَيِ ٱلسِّجْنِ أَمَّآ أَحَدُكُمَا فَيَسْقِى رَبَّهُۥ خَمْرًا ۖ وَأَمَّا ٱلْءَاخَرُ فَيُصْلَبُ فَتَأْكُلُ ٱلطَّيْرُ مِن رَّأْسِهِۦ ۚ قُضِىَ ٱلْأَمْرُ ٱلَّذِى فِيهِ تَسْتَفْتِيَانِ ٤١

42. ਅਤੇ ਜਿਸ ਬਾਰੇ (ਯੂਸੁਫ਼ ਦਾ) ਵਿਚਾਰ ਸੀ ਕਿ ਉਹਨਾਂ ਦੋਹਾਂ ਵਿੱਚੋਂ ਇਕ ਨੂੰ ਛੱਡ ਦਿੱਤਾ ਜਾਵੇਗਾ, ਉਸ ਨੂੰ ਕਿਹਾ ਕਿ ਆਪਣੇ ਮਾਲਿਕ ਨੂੰ ਮੇਰੇ ਬਾਰੇ ਦੱਸਣਾ। ਪਰ ਸ਼ੈਤਾਨ ਨੇ ਉਸ ਨੂੰ ਆਪਣੇ (ਬਾਦਸ਼ਾਹ) ਕੋਲ ਯੂਸੁਫ਼ ਦੀ ਗੱਲ ਕਰਨ ਤੋਂ ਭੁਲਾ ਦਿੱਤਾ ਅਤੇ (ਯੂਸੁਫ਼) ਕਈ ਵਰ੍ਹੇ ਜੇਲ੍ਹ ਵਿਚ ਹੀ ਰਿਹਾ।

وَقَالَ لِلَّذِى ظَنَّ أَنَّهُۥ نَاجٍ مِّنْهُمَا ٱذْكُرْنِى عِندَ رَبِّكَ فَأَنسَىٰهُ ٱلشَّيْطَٰنُ ذِكْرَ رَبِّهِۦ فَلَبِثَ فِى ٱلسِّجْنِ بِضْعَ سِنِينَ ٤٢

43 (ਇਕ ਦਿਨ) ਬਾਦਸ਼ਾਹ ਨੇ ਆਖਿਆ ਕਿ ਮੈਂ ਸੁਪਨੇ ਵਿਚ ਸੱਤ ਮੋਟੀਆਂ ਤਾਜ਼ੀਆਂ ਗਊਆਂ ਵੇਖਦਾ ਹਾਂ ਜਿਨ੍ਹਾਂ ਨੂੰ ਸੱਤ ਕਮਜ਼ੋਰ ਸੁੱਕੀਆਂ ਗਊਆਂ ਖਾ ਰਹੀਆਂ ਹਨ ਅਤੇ ਵੇਖਦਾ ਹਾਂ ਕਿ ਅਨਾਜ ਦੀਆਂ ਸੱਤ ਬੱਲੀਆਂ ਤਾਂ ਹਰੀਆਂ ਭਰੀਆਂ ਹਨ ਅਤੇ ਸੱਤ

وَقَالَ ٱلْمَلِكُ إِنِّىٓ أَرَىٰ سَبْعَ بَقَرَٰتٍ سِمَانٍ يَأْكُلُهُنَّ سَبْعٌ عِجَافٌ وَسَبْعَ سُنۢبُلَٰتٍ خُضْرٍ وَأُخَرَ يَابِسَٰتٍ ۖ يَٰٓأَيُّهَا ٱلْمَلَأُ أَفْتُونِى فِى رُءْيَٰىَ إِن كُنتُمْ لِلرُّءْيَا تَعْبُرُونَ ٤٣

ਸੁੱਕੀਆਂ ਹਨ। ਹੇ ਦਰਬਾਰੀਓ! ਮੈਨੂੰ ਇਸ ਸੁਪਨੇ ਦੀ ਤਾਅਬੀਰ (ਅਰਥ) ਦੱਸੋ, ਜੇ ਤੁਸੀਂ ਸੁਪਨਿਆਂ ਦਾ ਅਰਥ ਦੱਸ ਸਕਦੇ ਹੋ।

44 ਉਹਨਾਂ (ਦਰਬਾਰੀਆਂ) ਨੇ ਕਿਹਾ ਕਿ ਇਹ ਤਾਂ ਖ਼ਿਆਲੀ ਗੱਲਾਂ ਭਾਵ ਪ੍ਰੇਸ਼ਾਨ ਕਰਨ ਵਾਲੇ ਸੁਪਨੇ ਹਨ ਅਤੇ ਅਜਿਹੇ ਸੁਪਨਿਆਂ ਦੀ ਤਾਅਬੀਰ (ਭਾਵ ਅਰਥ) ਅਸੀਂ ਨਹੀਂ ਜਾਣਦੇ।

قَالُوٓا أَضۡغَٰثُ أَحۡلَٰمٖۖ وَمَا نَحۡنُ بِتَأۡوِيلِ
ٱلۡأَحۡلَٰمِ بِعَٰلِمِينَ ٤٤

45. ਉਹਨਾਂ ਦੋਹਾਂ ਕੈਦੀਆਂ ਵਿੱਚੋਂ ਜਿਹੜਾ ਰਿਹਾ ਹੋਇਆ ਸੀ, ਉਸ ਨੂੰ ਬੜੀ ਦੇਰ ਮਗਰੋਂ (ਯੂਸੁਫ਼) ਯਾਦ ਆਇਆ ਤੇ ਆਖਣ ਲੱਗਾ ਕਿ (ਹੇ ਬਾਦਸ਼ਾਹ!) ਮੈਂ ਤੁਹਾਨੂੰ ਇਸ ਸੁਪਨੇ ਦੀ ਤਾਅਬੀਰ ਦੱਸਾਂਗੇ, ਬਸ ਤੁਸੀਂ ਮੈਨੂੰ (ਯੂਸੁਫ਼) ਦੇ ਕੋਲ ਜਾਣ ਦਿਓ।

وَقَالَ ٱلَّذِي نَجَا مِنۡهُمَا وَٱدَّكَرَ بَعۡدَ أُمَّةٍ
أَنَا۠ أُنَبِّئُكُم بِتَأۡوِيلِهِۦ فَأَرۡسِلُونِ ٤٥

46 (ਉਸ ਨੇ ਜੇਲ ਵਿਚ ਜਾ ਕੇ) ਆਖਿਆ ਕਿ ਹੇ ਸੱਚ ਬੋਲਣ ਵਾਲੇ ਯੂਸੁਫ਼! ਤੁਸੀਂ ਸਾਨੂੰ ਇਸ ਸੁਪਨੇ ਦੀ ਤਾਅਬੀਰ ਦੱਸੋ ਕਿ ਸੱਤ ਮੋਟੀਆਂ ਤਾਜ਼ੀਆਂ ਗਊਆਂ ਹਨ ਜਿਨ੍ਹਾਂ ਨੂੰ ਸੱਤ ਦੁਬਲੀਆਂ ਪਤਲੀਆਂ ਗਊਆਂ ਖਾ ਰਹੀਆਂ ਹਨ। ਅਤੇ ਸੱਤ ਹਰੀਆਂ ਭਰੀਆਂ ਬੱਲੀਆਂ ਅਤੇ ਸੱਤ ਹੀ ਦੂਜੀਆਂ ਉੱਕਾ ਹੀ ਖੁਸ਼ਕ ਸੁੱਕੀਆਂ ਹੋਈਆਂ ਬੱਲੀਆਂ ਹਨ, (ਮੈਨੂੰ ਇਸ ਦੀ ਤਾਅਬੀਰ ਦੱਸੋ ਤਾਂ ਜੋ) ਮੈਂ ਲੋਕਾਂ ਕੋਲ (ਇਸ ਦੀ ਤਾਅਬੀਰ ਲੈ ਕੇ ਜਾਵਾਂ ਤਾਂ ਜੋ ਉਹ ਵੀ ਤੁਹਾਨੂੰ ਜਾਣ ਲੈਣ।

يُوسُفُ أَيُّهَا ٱلصِّدِّيقُ أَفۡتِنَا فِي سَبۡعِ
بَقَرَٰتٖ سِمَانٖ يَأۡكُلُهُنَّ سَبۡعٌ عِجَافٞ وَسَبۡعِ
سُنۢبُلَٰتٍ خُضۡرٖ وَأُخَرَ يَابِسَٰتٖ لَّعَلِّيٓ أَرۡجِعُ إِلَى
ٱلنَّاسِ لَعَلَّهُمۡ يَعۡلَمُونَ ٤٦

47 (ਯੂਸੁਫ਼ ਨੇ) ਕਿਹਾ ਕਿ ਤੁਸੀਂ ਸੱਤ ਸਾਲ ਲਗਾਤਾਰ ਖੇਤੀ ਕਰੋਗੇ, ਸੋ ਤੁਸੀਂ ਜਿਹੜੀ ਵੀ ਫ਼ਸਲ ਕੱਟੋ ਉਸ ਨੂੰ ਬੱਲੀਆਂ ਵਿਚ ਹੀ ਰਹਿਣ ਦਿਓ, ਜਿਹੜਾ ਤੁਸੀਂ ਖਾਣਾ ਹੈ ਉਹ ਥੋੜ੍ਹਾ ਜਿਹਾ ਲੈ ਲਵੋ।

قَالَ تَزۡرَعُونَ سَبۡعَ سِنِينَ دَأَبٗا فَمَا حَصَدتُّمۡ
فَذَرُوهُ فِي سُنۢبُلِهِۦٓ إِلَّا قَلِيلٗا مِّمَّا تَأۡكُلُونَ ٤٧

48. ਫੇਰ ਸੱਤ ਸਾਲ ਬਹੁਤ ਹੀ ਕਰੜੇ ਆਉਣਗੇ, ਉਸ ਸਮੇਂ ਉਸ (ਅਨਾਜ) ਨੂੰ ਖਾ ਲਿਆ ਜਾਵੇਗਾ ਜਿਹੜਾ ਤੁਸੀਂ ਉਹਨਾਂ ਲਈ ਜ਼ਖ਼ੀਰਾ (ਭੰਡਾਰ)

ثُمَّ يَأۡتِي مِنۢ بَعۡدِ ذَٰلِكَ سَبۡعٞ شِدَادٞ يَأۡكُلۡنَ
مَا قَدَّمۡتُمۡ لَهُنَّ إِلَّا قَلِيلٗا مِّمَّا تُحۡصِنُونَ ٤٨

ਕੀਤਾ ਹੋਵੇਗਾ, ਕੇਵਲ ਉਹ ਬਚੇਗਾ ਜਿਹੜਾ ਤੁਸੀਂ ਬਚਾ ਕੇ ਰੱਖਿਆ ਹੋਇਆ ਸੀ।

ثُمَّ يَأْتِي مِنْ بَعْدِ ذَٰلِكَ عَامٌ فِيهِ يُغَاثُ النَّاسُ وَفِيهِ يَعْصِرُونَ ﴿٤٩﴾

49. ਇਸ ਤੋਂ ਮਗਰੋਂ ਇਕ ਸਾਲ ਅਜਿਹਾ ਆਵੇਗਾ ਕਿ ਇਸ ਵਿਚ ਲੋਕਾਂ ਲਈ ਵਰਖਾ ਹੋਵੇਗੀ ਅਤੇ ਇਸ ਵਿਚ ਉਹ ਰਸ ਨਿਚੋੜਣਗੇ।

وَقَالَ الْمَلِكُ ائْتُونِي بِهِ ۖ فَلَمَّا جَاءَهُ الرَّسُولُ قَالَ ارْجِعْ إِلَىٰ رَبِّكَ فَاسْأَلْهُ مَا بَالُ النِّسْوَةِ اللَّاتِي قَطَّعْنَ أَيْدِيَهُنَّ ۚ إِنَّ رَبِّي بِكَيْدِهِنَّ عَلِيمٌ ﴿٥٠﴾

50 ਬਾਦਸ਼ਾਹ ਨੇ ਕਿਹਾ, ਉਸ (ਕੈਦੀ) ਨੂੰ ਮੇਰੇ ਕੋਲ ਲੈ ਆਓ। ਜਦੋਂ ਰਾਜਦੂਤ ਉਸ (ਯੂਸੁਫ਼) ਕੋਲ ਪਹੁੰਚਿਆ ਤਾਂ ਉਸ (ਯੂਸੁਫ਼) ਨੇ ਕਿਹਾ ਕਿ ਆਪਣੇ ਬਾਦਸ਼ਾਹ ਦੇ ਕੋਲ ਜਾਓ ਤੇ ਉਸ ਤੋਂ ਪੁੱਛੋ ਕਿ ਜਿਨ੍ਹਾਂ ਔਰਤਾਂ ਨੇ ਆਪਣੇ ਹੱਥ ਵਢਾ ਲਏ ਸੀ, ਉਸ ਦੀ ਹਕੀਕਤ ਕੀ ਹੈ? ਉਹਨਾਂ ਜ਼ਨਾਨੀਆਂ ਦੀਆਂ ਚਾਲਾਂ ਨੂੰ ਮੇਰਾ ਪਾਲਣਹਾਰ ਚੰਗੀ ਤਰ੍ਹਾਂ ਜਾਣਦਾ ਹੈ।

قَالَ مَا خَطْبُكُنَّ إِذْ رَاوَدْتُنَّ يُوسُفَ عَنْ نَفْسِهِ ۚ قُلْنَ حَاشَ لِلَّهِ مَا عَلِمْنَا عَلَيْهِ مِنْ سُوءٍ ۚ قَالَتِ امْرَأَتُ الْعَزِيزِ الْآنَ حَصْحَصَ الْحَقُّ أَنَا رَاوَدْتُهُ عَنْ نَفْسِهِ وَإِنَّهُ لَمِنَ الصَّادِقِينَ ﴿٥١﴾

51 (ਬਾਦਸ਼ਾਹ ਨੇ) ਇਸਤਰੀਆਂ ਨੂੰ ਪੁੱਛਿਆ ਕਿ ਜਦੋਂ ਤੁਸੀਂ ਯੂਸੁਫ਼ ਨੂੰ ਫ਼ਰਮਾਉਣ ਦੀ ਕੋਸ਼ਿਸ਼ ਕਰ ਰਹੀਆਂ ਸੀ ਉਸ ਸਮੇਂ ਦੀ ਹਕੀਕਤ ਕੀ ਹੈ? ਉਹਨਾਂ (ਜ਼ਨਾਨੀਆਂ) ਨੇ ਉੱਤਰ ਦਿੱਤਾ ਕਿ ਅੱਲਾਹ ਦੀ ਪਨਾਹ। ਅਸੀਂ ਤਾਂ ਯੂਸੁਫ਼ ਵਿਚ ਕੋਈ ਵੀ ਬੁਰਾਈ ਨਹੀਂ ਵੇਖੀ। (ਇਹ ਸੁਣ ਕੇ) ਅਜ਼ੀਜ਼ ਦੀ ਪਤਨੀ ਵੀ ਆਖਣ ਲੱਗੀ ਕਿ ਹੁਣ ਤਾਂ ਸੱਚ ਨਿੱਤਰ ਕੇ ਆ ਗਿਆ ਹੈ, ਮੈਂ ਹੀ ਉਸ ਨੂੰ ਫ਼ਰਮਾਇਆ ਸੀ, ਜਦ ਕਿ ਉਹ ਸੱਚਿਆਂ ਵਿੱਚੋਂ ਹੀ ਹੈ।

ذَٰلِكَ لِيَعْلَمَ أَنِّي لَمْ أَخُنْهُ بِالْغَيْبِ وَأَنَّ اللَّهَ لَا يَهْدِي كَيْدَ الْخَائِنِينَ ﴿52﴾

52. ਯੂਸੁਫ਼ ਨੇ ਕਿਹਾ ਕਿ ਮੈਂ ਇਹ ਗੱਲ ਇਸ ਲਈ ਸਪਸ਼ਟ ਕੀਤੀ ਹੈ ਕਿ ਉਹ (ਅਜ਼ੀਜ਼) ਜਾਣ ਲਵੇ ਕਿ ਮੈਂਨੇ ਉਸ ਦੇ ਪਿੱਠ ਪਿੱਛਿਓਂ ਕੋਈ ਵੀ ਵਿਸ਼ਵਾਸਘਾਤ ਨਹੀਂ ਸੀ ਕੀਤਾ, ਅਤੇ ਇਹ ਵੀ ਕਿ ਅੱਲਾਹ ਧੋਖਾ ਦੇਣ ਵਾਲਿਆਂ ਦੀਆਂ ਚਾਲਾਂ ਨੂੰ ਸਫ਼ਲ ਨਹੀਂ ਹੋਣ ਦਿੰਦਾ।[1]

---

[1] ਖ਼ਿਆਨਤ ਬਦ ਅਹਿਦੀ ਅਤੇ ਦਗ਼ਾਬਾਜ਼ੀ ਮਹਾਂ ਪਾਪ ਹੈ। ਹਦੀਸ ਵਿਚ ਇਸ ਸੰਬੰਧੀ ਚਿਤਾਵਨੀ ਆਈ ਹੈ। ਅੱਲਾਹ ਦੇ ਰਸੂਲ (ਸ.) ਨੇ ਫ਼ਰਮਾਇਆ ਕਿ ਹਰ ਧੋਖੇਬਾਜ਼ ਦੇ ਲਈ ਕਿਆਮਤ ਦੇ ਦਿਹਾੜੇ ਇਕ ਝੰਡਾ ਗੱਡਿਆ ਜਾਵੇਗਾ ਅਤੇ ਐਲਾਨ ਕੀਤਾ ਜਾਵੇਗਾ ਕਿ ਇਹ ਫ਼ਲਾਂ ਬਿਨ ਫ਼ਲਾਂ ਦੀ ਗ਼ੱਦਾਰੀ ਹੈ। (ਸਹੀ ਬੁਖ਼ਾਰੀ, ਹਦੀਸ: 6177)

53 ਯੂਸੁਫ਼ ਨੇ ਆਖਿਆ ਕਿ ਮੈਂ ਆਪਣੇ ਮਨ ਨੂੰ ਪਵਿੱਤਰ ਸਿੱਧ ਕਰਨਾ ਨਹੀਂ ਚਾਹੁੰਦਾ ਜਦ ਕਿ ਮਨ ਤਾਂ ਬੁਰਾਈ ਵੱਲ ਹੀ ਪ੍ਰੇਰਦਾ ਹੈ। ਮੇਰਾ ਪਾਲਣਹਾਰ ਹੀ ਜਿਸ 'ਤੇ ਮਿਹਰਾਂ ਕਰੇ (ਉਹੀਓ ਬੁਰਾਈਆਂ ਤੋਂ ਬਚਦਾ ਹੈ)। ਬੇਸ਼ੱਕ ਮੇਰਾ ਰੱਬ ਬੜਾ ਹੀ ਬਖ਼ਸ਼ਣਹਾਰ ਤੇ ਮਿਹਰਬਾਨ ਹੈ।

وَمَآ أُبَرِّئُ نَفْسِىٓ ۚ إِنَّ ٱلنَّفْسَ لَأَمَّارَةٌۢ بِٱلسُّوٓءِ إِلَّا مَا رَحِمَ رَبِّىٓ ۚ إِنَّ رَبِّى غَفُورٌ رَّحِيمٌ 53

54 ਬਾਦਸ਼ਾਹ ਨੇ ਆਖਿਆ ਕਿ ਉਹ ਨੂੰ (ਭਾਵ ਯੂਸੁਫ਼ ਨੂੰ) ਮੇਰੇ ਕੋਲ ਲਿਆਓ ਤਾਂ ਜੋ ਮੈਂ ਉਸ ਨੂੰ ਆਪਣੇ ਲਈ ਵਿਸ਼ੇਸ਼ ਕਰ ਲਵਾਂ, ਜਦੋਂ ਉਸ (ਬਾਦਸ਼ਾਹ) ਨੇ ਯੂਸੁਫ਼ ਨਾਲ ਗੱਲ ਕੀਤੀ ਤਾਂ ਕਹਿਣ ਲੱਗਿਆ ਕਿ ਅੱਜ ਤੋਂ ਤੁਸੀਂ ਸਾਡੇ ਉੱਚ ਮਰਤਬੇ ਵਾਲੇ ਤੇ ਭਰੋਸੇਮੰਦ ਆਦਮੀ ਹੋ।

وَقَالَ ٱلْمَلِكُ ٱئْتُونِى بِهِۦٓ أَسْتَخْلِصْهُ لِنَفْسِى ۖ فَلَمَّا كَلَّمَهُۥ قَالَ إِنَّكَ ٱلْيَوْمَ لَدَيْنَا مَكِينٌ أَمِينٌ 54

55 (ਯੂਸੁਫ਼ ਨੇ) ਕਿਹਾ ਕਿ ਤੁਸੀਂ ਮੈਨੂੰ ਦੇਸ਼ ਦੇ ਖ਼ਜ਼ਾਨੇ (ਅਨਾਜ ਦੇ ਭੰਡਾਰ) ਉੱਤੇ ਨਿਯੁਕਤ ਕਰ ਦਿਓ, ਮੈਂ ਉਸ ਦੀ ਰਾਖੀ ਕਰਨ ਵਾਲਾ ਵੀ ਹਾਂ ਅਤੇ (ਉਸ ਦੀ ਵਰਤੋਂ ਤੋਂ) ਭਲੀ ਭਾਂਤ ਜਾਣੂ ਹਾਂ।

قَالَ ٱجْعَلْنِى عَلَىٰ خَزَآئِنِ ٱلْأَرْضِ ۖ إِنِّى حَفِيظٌ عَلِيمٌ 55

56 ਇਸ ਪ੍ਰਕਾਰ ਅਸੀਂ ਯੂਸੁਫ਼ ਨੂੰ (ਮਿਸਰ ਦੀ) ਧਰਤੀ ਉੱਤੇ (ਸੱਤਾ ਬਖ਼ਸ਼ੀ) ਕਿ ਉਹ ਜਿੱਥੇ ਚਾਹੇ ਉੱਥੇ ਹੀ ਰਹੇ। ਅਸੀਂ ਜਿਸ ਨੂੰ ਵੀ ਚਾਹੁੰਦੇ ਹਾਂ ਆਪਣੀਆਂ ਮਿਹਰਾਂ ਬਖ਼ਸ਼ਦੇ ਹਾਂ ਅਤੇ ਅਸੀਂ ਨੇਕ ਲੋਕਾਂ ਦਾ ਬਦਲਾ ਅਜਾਈਂ ਨਹੀਂ ਕਰਦੇ।

وَكَذَٰلِكَ مَكَّنَّا لِيُوسُفَ فِى ٱلْأَرْضِ يَتَبَوَّأُ مِنْهَا حَيْثُ يَشَآءُ ۚ نُصِيبُ بِرَحْمَتِنَا مَن نَّشَآءُ ۖ وَلَا نُضِيعُ أَجْرَ ٱلْمُحْسِنِينَ 56

57 ਅਤੇ ਆਖ਼ਿਰਤ ਦਾ ਬਦਲਾ ਉਹਨਾਂ ਲੋਕਾਂ ਲਈ ਵਧੇਰੇ ਚੰਗਾ ਹੈ, ਜਿਹੜੇ ਈਮਾਨ ਲਿਆਏ ਅਤੇ ਰੱਬ ਤੋਂ ਡਰਦੇ ਹੋਏ ਬੁਰਾਈਆਂ ਤੋਂ ਬਚਦੇ ਰਹੇ।

وَلَأَجْرُ ٱلْءَاخِرَةِ خَيْرٌ لِّلَّذِينَ ءَامَنُوا۟ وَكَانُوا۟ يَتَّقُونَ 57

58. ਜਦੋਂ ਯੂਸੁਫ਼ ਦੇ ਭਰਾ ਅਨਾਜ ਲੈਣ ਲਈ (ਮਿਸਰ ਵਿਖੇ) ਗਏ ਤਾਂ ਉਸ (ਯੂਸੁਫ਼) ਨੇ ਉਹਨਾਂ

وَجَآءَ إِخْوَةُ يُوسُفَ فَدَخَلُوا۟ عَلَيْهِ فَعَرَفَهُمْ وَهُمْ لَهُۥ مُنكِرُونَ 58

ਭਰਾਵਾਂ ਨੂੰ ਪਛਾਣ ਲਿਆ ਅਤੇ ਉਹਨਾਂ ਨੇ ਉਸ ਨੂੰ ਨਾ ਪਛਾਣਿਆ।

59. ਜਦੋਂ ਉਹਨਾਂ ਦਾ ਸਾਮਾਨ ਤਿਆਰ ਕਰ ਦਿੱਤਾ ਗਿਆ ਫੇਰ ਉਸ (ਯੂਸੁਫ਼ ਨੇ) ਕਿਹਾ ਕਿ ਤੁਸੀਂ ਮੇਰੇ ਕੋਲ ਉਸ ਭਰਾ ਨੂੰ ਵੀ ਨਾਲ ਲੈ ਆਓ, ਜਿਹੜਾ ਤੁਹਾਡੇ ਪਿਤਾ ਤੋਂ ਹੀ ਹੈ। ਕੀ ਤੁਸੀਂ ਇਹ ਨਹੀਂ ਵੇਖਿਆ ਕਿ ਮੈਂ ਪੂਰਾ ਤੋਲ ਕੇ ਦਿੰਦਾ ਹਾਂ ਅਤੇ ਮੈਂ ਚੰਗੀ ਮੇਜ਼ਬਾਨੀ ਕਰਨ ਵਾਲਾ ਹਾਂ?

وَلَمَّا جَهَّزَهُم بِجَهَازِهِمْ قَالَ ائْتُونِي بِأَخٍ لَّكُم مِّنْ أَبِيكُمْ ۚ أَلَا تَرَوْنَ أَنِّي أُوفِي الْكَيْلَ وَأَنَا خَيْرُ الْمُنزِلِينَ (59)

60. ਜੇ ਤੁਸੀਂ ਉਸ ਨੂੰ ਮੇਰੇ ਕੋਲ ਨਾ ਲਿਆਏ ਤਾਂ ਮੇਰੇ ਵੱਲੋਂ ਤੁਹਾਨੂੰ ਕੋਈ ਤੋਲ (ਅੰਨ-ਦਾਣੇ ਦਾ) ਨਹੀਂ ਮਿਲੇਗਾ, ਸਗੋਂ ਤੁਸੀਂ ਮੇਰੇ ਨੇੜੇ ਵੀ ਨਾ ਢੁਕਣਾ।

فَإِن لَّمْ تَأْتُونِي بِهِ فَلَا كَيْلَ لَكُمْ عِندِي وَلَا تَقْرَبُونِ (60)

61. ਉਹਨਾਂ (ਭਰਾਵਾਂ ਨੇ) ਕਿਹਾ ਕਿ ਚੰਗਾ ਅਸੀਂ ਉਸ ਦੇ ਪਿਤਾ ਨੂੰ ਇਸ ਲਈ ਮਨਾਉਣ ਦੀ ਪੂਰੀ ਕੋਸ਼ਿਸ਼ ਕਰਾਂਗੇ।

قَالُوا سَنُرَاوِدُ عَنْهُ أَبَاهُ وَإِنَّا لَفَاعِلُونَ (61)

62. (ਯੂਸੁਫ਼ ਨੇ) ਆਪਣੇ ਸੇਵਾਦਾਰਾਂ ਨੂੰ ਆਖਿਆ ਕਿ ਇਹਨਾਂ ਦੀ ਪੂੰਜੀ (ਰੁਪਿਆ ਪੈਸਾ) ਇਹਨਾਂ ਦੇ ਸਾਮਾਨ ਦੀਆਂ ਬੋਰੀਆਂ ਵਿਚ ਰੱਖ ਦਿਓ, ਜਦੋਂ ਉਹ ਪਰਤ ਕੇ ਆਪਣੇ ਪਰਿਵਾਰ ਵਿਚ ਜਾਣ ਤਾਂ (ਪੂੰਜੀ ਨੂੰ) ਪਛਾਣ ਲੈਣ। ਹੋ ਸਕਦਾ ਹੈ ਕਿ ਉਹ ਫਿਰ ਮੁੜ (ਮੇਰੇ ਕੋਲ) ਆਉਣ।

وَقَالَ لِفِتْيَانِهِ اجْعَلُوا بِضَاعَتَهُمْ فِي رِحَالِهِمْ لَعَلَّهُمْ يَعْرِفُونَهَا إِذَا انقَلَبُوا إِلَىٰ أَهْلِهِمْ لَعَلَّهُمْ يَرْجِعُونَ (62)

63. ਜਦੋਂ ਇਹ (ਭਰਾ) ਆਪਣੇ ਪਿਤਾ ਕੋਲ ਪਰਤ ਆਏ ਤਾਂ ਆਖਣ ਲੱਗੇ ਕਿ ਪਿਤਾ ਜੀ। ਅੱਗੋ ਤੋਂ ਸਾਨੂੰ ਅਨਾਜ ਦੇਣ ਤੋਂ ਇਨਕਾਰ ਕਰ ਦਿੱਤਾ ਗਿਆ ਹੈ। ਹੁਣ ਤੁਸੀਂ ਸਾਡੇ ਨਾਲ ਸਾਡੇ ਭਰਾ (ਬਿਨਯਾਮੀਨ) ਨੂੰ ਭੇਜੋ ਤਾਂ ਜੋ ਅਸੀਂ ਬੋਰੀਆਂ ਭਰਕੇ ਅਨਾਜ ਲਿਆਈਏ, ਅਸੀਂ ਇਸ ਦੀ ਰੱਖਿਆ ਕਰਾਂਗੇ।

فَلَمَّا رَجَعُوا إِلَىٰ أَبِيهِمْ قَالُوا يَا أَبَانَا مُنِعَ مِنَّا الْكَيْلُ فَأَرْسِلْ مَعَنَا أَخَانَا نَكْتَلْ وَإِنَّا لَهُ لَحَافِظُونَ (63)

قَالَ هَلْ آمَنُكُمْ عَلَيْهِ إِلَّا كَمَا أَمِنتُكُمْ عَلَىٰ أَخِيهِ مِن قَبْلُ ۖ فَاللَّهُ خَيْرٌ حَافِظًا ۖ وَهُوَ أَرْحَمُ الرَّاحِمِينَ ﴿٦٤﴾

64. (ਪਿਤਾ) ਯਾਕੂਬ ਨੇ ਕਿਹਾ, ਕੀ ਮੈਂ ਇਸ ਬਾਰੇ ਤੁਹਾਡੇ 'ਤੇ ਉਹੀ ਜਿਹਾ ਭਰੋਸਾ ਕਰਾਂ, ਜਿਵੇਂ ਇਸ ਤੋਂ ਪਹਿਲਾਂ ਇਹਦੇ ਭਰਾ (ਯੂਸੁਫ਼) ਬਾਰੇ ਤੁਹਾਡੇ 'ਤੇ ਕੀਤਾ ਸੀ? ਬਸ ਅੱਲਾਹ ਹੀ ਸਭ ਤੋਂ ਵਧੀਆ ਰਖਵਾਲਾ ਹੈ ਅਤੇ ਉਹੀਓ ਸਭ ਤੋਂ ਵੱਧ ਰਹਿਮ ਕਰਨ ਵਾਲਾ ਹੈ।

وَلَمَّا فَتَحُوا مَتَاعَهُمْ وَجَدُوا بِضَاعَتَهُمْ رُدَّتْ إِلَيْهِمْ ۖ قَالُوا يَا أَبَانَا مَا نَبْغِي ۖ هَٰذِهِ بِضَاعَتُنَا رُدَّتْ إِلَيْنَا ۖ وَنَمِيرُ أَهْلَنَا وَنَحْفَظُ أَخَانَا وَنَزْدَادُ كَيْلَ بَعِيرٍ ۖ ذَٰلِكَ كَيْلٌ يَسِيرٌ ﴿٦٥﴾

65. ਜਦੋਂ ਉਹਨਾਂ ਨੇ ਆਪਣਾ ਸਾਮਾਨ ਖੋਲ੍ਹਿਆ ਤਾਂ ਆਪਣੀ ਪੂੰਜੀ ਮੌਜੂਦ ਪਾਈ ਜਿਹੜੀ ਉਹਨਾਂ ਨੂੰ ਵਾਪਸ ਕਰ ਦਿੱਤੀ ਗਈ ਸੀ ਆਖਣ ਲੱਗੇ ਕਿ ਪਿਤਾ ਜੀ! ਸਾਨੂੰ ਹੋਰ ਕੀ ਚਾਹੀਦਾ ਹੈ? ਵੇਖੋ ਸਾਡੀ ਪੂੰਜੀ ਵੀ ਸਾਨੂੰ ਵਾਪਸ ਕਰ ਛੱਡੀ ਹੈ। ਅਸੀਂ ਆਪਣੇ ਪਰਿਵਾਰ ਲਈ ਅਨਾਜ ਲੈ ਕੇ ਆਵਾਂਗੇ ਅਤੇ ਆਪਣੇ ਭਰਾ ਦੀ ਰਾਖੀ ਵੀ ਕਰਾਂਗੇ। ਅਸੀਂ ਇਕ ਊਠ ਦੇ ਭਾਰ ਜਿੰਨਾ ਅਨਾਜ ਲਿਆਵਾਂਗੇ, ਇੰਨਾ ਅਨਾਜ ਤਾਂ ਸਾਨੂੰ ਬਹੁਤ ਅਸਾਨੀ ਨਾਲ ਮਿਲ ਜਾਵੇਗਾ।

قَالَ لَنْ أُرْسِلَهُ مَعَكُمْ حَتَّىٰ تُؤْتُونِ مَوْثِقًا مِّنَ اللَّهِ لَتَأْتُنَّنِي بِهِ إِلَّا أَن يُحَاطَ بِكُمْ ۖ فَلَمَّا آتَوْهُ مَوْثِقَهُمْ قَالَ اللَّهُ عَلَىٰ مَا نَقُولُ وَكِيلٌ ﴿٦٦﴾

66. (ਯਾਕੂਬ ਨੇ) ਕਿਹਾ ਕਿ ਮੈਂ ਤਾਂ ਕਦੇ ਵੀ ਉਸ ਨੂੰ ਤੁਹਾਡੇ ਨਾਲ ਨਹੀਂ ਭੇਜਾਂਗਾ ਜਦੋਂ ਤੀਕ ਤੁਸੀਂ ਅੱਲਾਹ ਨੂੰ ਗਵਾਹ ਬਣਾ ਕੇ ਮੈਨੂੰ ਪੱਕਾ ਵਚਨ ਨਾ ਦੇ ਦਿਓ ਕਿ ਤੁਸੀਂ ਇਸ ਨੂੰ ਮੇਰੇ ਕੋਲ ਪਰਤਾ ਕੇ ਲਿਆਓਗੇ, ਛੁੱਟ ਇਸ ਤੋਂ ਕਿ ਤੁਸੀਂ ਸਾਰੇ (ਕਿਸੇ ਮੁਸੀਬਤ ਵਿਚ) ਘਿਰ ਜਾਓ। ਜਦੋਂ ਉਹਨਾਂ ਸਭ ਨੇ ਵਚਨ ਦੇ ਦਿੱਤਾ ਤਾਂ ਉਹਨਾਂ ਨੇ ਕਿਹਾ ਕਿ ਅਸੀਂ ਜੋ ਕੁੱਝ ਵੀ ਆਖਦੇ ਹਾਂ ਅੱਲਾਹ ਉਸ 'ਤੇ ਨਿਗਰਾਨ ਹੈ।

وَقَالَ يَا بَنِيَّ لَا تَدْخُلُوا مِن بَابٍ وَاحِدٍ وَادْخُلُوا مِنْ أَبْوَابٍ مُّتَفَرِّقَةٍ ۖ وَمَا أُغْنِي عَنكُم مِّنَ اللَّهِ

67. ਅਤੇ ਉਸ (ਯਾਕੂਬ) ਨੇ ਕਿਹਾ ਕਿ ਹੇ ਮੇਰੇ ਪੁੱਤਰੋ! ਤੁਸੀਂ ਸਾਰੇ ਇਕ ਹੀ ਬੂਹੇ ਤੋਂ (ਸ਼ਹਿਰ ਵਿਚ) ਪ੍ਰਵੇਸ਼ ਨਹੀਂ ਕਰਨ, ਸਗੋਂ ਵੱਖੋ ਵੱਖ ਬੂਹਿਆਂ ਵਿਚ ਦੀ ਜਾਣਾ। ਮੈਂ ਅੱਲਾਹ ਵੱਲੋਂ ਆਉਣ ਵਾਲੀ ਕਿਸੇ

مِن شَيْءٍ ۖ إِنِ الْحُكْمُ إِلَّا لِلَّهِ ۖ عَلَيْهِ تَوَكَّلْتُ ۖ وَعَلَيْهِ فَلْيَتَوَكَّلِ الْمُتَوَكِّلُونَ 67

ਵੀ ਚੀਜ਼ (ਮੁਸੀਬਤ) ਨੂੰ ਟਾਲ ਨਹੀਂ ਸਕਦਾ। ਹੁਕਮ ਤਾਂ ਕੇਵਲ ਅੱਲਾਹ ਦਾ ਹੀ ਚਲਦਾ ਹੈ। ਮੇਰਾ ਉਸੇ 'ਤੇ ਪੂਰਾ ਭਰੋਸਾ ਹੈ ਅਤੇ ਹਰ ਭਰੋਸਾ ਕਰਨ ਵਾਲੇ ਨੂੰ ਉਸੇ (ਇਕ ਅੱਲਾਹ) 'ਤੇ ਹੀ ਭਰੋਸਾ ਕਰਨਾ ਚਾਹੀਦਾ ਹੈ।

وَلَمَّا دَخَلُوا مِنْ حَيْثُ أَمَرَهُمْ أَبُوهُم مَّا كَانَ يُغْنِي عَنْهُم مِّنَ اللَّهِ مِن شَيْءٍ إِلَّا حَاجَةً فِي نَفْسِ يَعْقُوبَ قَضَاهَا ۚ وَإِنَّهُ لَذُو عِلْمٍ لِّمَا عَلَّمْنَاهُ وَلَٰكِنَّ أَكْثَرَ النَّاسِ لَا يَعْلَمُونَ 68

68 ਉਹ ਆਪਣੇ ਪਿਤਾ ਦੀਆਂ ਹਿਦਾਇਤਾਂ ਅਨੁਸਾਰ (ਸ਼ਹਿਰ ਵਿਚ) ਦਾਖ਼ਲ ਹੋਏ ਅਤੇ ਇਹ ਹਿਦਾਇਤਾਂ ਅੱਲਾਹ ਦੀ ਮਰਜ਼ੀ ਤੋਂ ਉਹਨਾਂ ਨੂੰ ਨਹੀਂ ਸੀ ਬਚਾ ਸਕਦੀਆਂ, ਪਰ ਯਾਕੂਬ ਦੇ ਮਨ ਵਿਚ ਇਕ ਇੱਛਾ ਸੀ, ਜੋ ਉਹਨੇ ਪੂਰੀ ਕਰ ਲਈ। ਅਸਲ ਵਿਚ ਉਹ ਸਾਡੇ ਵੱਲੋਂ ਦਿੱਤੀ ਹੋਈ ਸਿੱਖਿਆ ਨਾਲ ਹੀ ਗਿਆਨਵਾਨ ਸੀ, ਪਰ ਬਥੇਰੇ ਲੋਕੀ ਇਹ ਨਹੀਂ ਜਾਣਦੇ।[1]

وَلَمَّا دَخَلُوا عَلَىٰ يُوسُفَ آوَىٰ إِلَيْهِ أَخَاهُ ۖ قَالَ إِنِّي أَنَا أَخُوكَ فَلَا تَبْتَئِسْ بِمَا كَانُوا يَعْمَلُونَ 69

69. ਜਦੋਂ ਉਹ ਸਾਰੇ (ਭਰਾ) ਯੂਸੁਫ਼ ਕੋਲ ਪਹੁੰਚ ਗਏ ਤਾਂ ਉਸ (ਯੂਸੁਫ਼) ਨੇ ਆਪਣੇ ਸਕੇ ਭਰਾ (ਬਿਨਯਾਮੀਨ) ਨੂੰ ਆਪਣੇ ਕੋਲ ਬਿਠਾ ਲਿਆ ਅਤੇ ਆਖਿਆ ਕਿ ਮੈਂ ਤੇਰਾ ਭਰਾ (ਯੂਸੁਫ਼) ਹਾਂ, ਇਹ ਜੋ ਵੀ ਕਰਦੇ ਰਹੇ ਹਨ ਹੁਣ ਤੂੰ ਉਸ ਦੀ ਚਿੰਤਾ ਨਾ ਕਰ।

فَلَمَّا جَهَّزَهُم بِجَهَازِهِمْ جَعَلَ السِّقَايَةَ فِي رَحْلِ أَخِيهِ ثُمَّ أَذَّنَ مُؤَذِّنٌ أَيَّتُهَا الْعِيرُ إِنَّكُمْ لَسَارِقُونَ 70

70. ਜਦੋਂ ਉਸ ਨੇ (ਯੂਸੁਫ਼ ਨੇ) ਉਹਨਾਂ ਭਰਾਵਾਂ ਦਾ ਸਾਮਾਨ ਤਿਆਰ ਕਰਵਾ ਦਿੱਤਾ ਤਾਂ ਆਪਣੇ ਭਰਾ ਦੇ ਸਾਮਾਨ ਵਿਚ ਇਕ ਪਿਆਲਾ ਰੱਖ ਦਿੱਤਾ, ਫੇਰ ਇਕ ਐਲਾਨ ਕਰਨ ਵਾਲੇ ਨੇ ਆਵਾਜ਼ ਦਿੱਤੀ ਕਿ ਹੇ ਕਾਫ਼ਲੇ ਵਾਲਿਓ! ਤੁਸੀਂ ਤਾਂ ਚੋਰ ਹੋ।

---

[1] ਇਲਾਜ ਵਾਲੇ ਸਾਧਣਾਂ ਦੀ ਵਰਤੋਂ ਕਰਨਾ ਭਾਵੇਂ ਕਿ ਤਵੱਕਲ ਦੇ ਵਿਰੁੱਧ ਨਹੀਂ ਹੈ ਪਰ ਅੱਲਾਹ ਉੱਤੇ ਹੀ ਵਿਸ਼ਵਾਸ ਰੱਖਣ ਸਭ ਤੋਂ ਚੰਗਾ ਕਰਮ ਹੈ। ਹਦੀਸ ਵਿਚ ਇਸ ਦੀ ਵੱਡੀ ਮਹੱਤਤਾ ਆਈ ਹੈ। ਜਿਵੇਂ ਕਿ ਹਦੀਸ ਵਿਚ ਹੈ ਕਿ ਮੇਰੀ ਉੱਮਤ ਦੇ ਸੱਤਰ ਹਜ਼ਾਰ ਵਿਅਕਤੀ ਬਿਨਾ ਹਿਸਾਬ ਤੋਂ ਜੰਨਤ ਵਿਚ ਜਾਣਗੇ ਅਤੇ ਇਹ ਉਹ ਲੋਕ ਹਨ ਜਿਹੜੇ ਨਾ ਤਾਂ ਦਮ ਕਰਵਾਉਂਦੇ ਹਨ ਅਤੇ ਨਾ ਹੀ ਬਦ ਸ਼ੁਗਨੀ ਲੈਂਦੇ ਹਨ ਸਗੋਂ ਅੱਲਾਹ ਦੀ ਜ਼ਾਤ ਉੱਤੇ ਹੀ ਭਰੋਸਾ ਰਖਦੇ ਹਨ। (ਸਹੀ ਬੁਖ਼ਾਰੀ, ਹਦੀਸ 6472)

71. ਉਹਨਾਂ ਨੇ ਪਰਤ ਕੇ ਪੁੱਛਿਆ ਕਿ ਤੁਹਾਡੀ ਕਿਹੜੀ ਚੀਜ਼ ਗੁਆਚੀ ਹੈ?

قَالُوا وَأَقْبَلُوا عَلَيْهِم مَّاذَا تَفْقِدُونَ ﴿٧١﴾

72. (ਆਵਾਜ਼ ਦੇਣ ਵਾਲੇ ਨੇ) ਕਿਹਾ ਕਿ ਅਸੀਂ ਬਾਦਸ਼ਾਹ ਦਾ ਪਿਆਲਾ ਗੁਆਚਿਆ ਵੇਖ ਰਹੇ ਹਾਂ। ਜਿਹੜਾ ਕੋਈ ਉਸ ਨੂੰ ਲਿਆ ਕੇ ਦੇਵੇਗਾ ਉਸ ਲਈ ਇਕ ਊਠ ਦੇ ਭਾਰ ਜਿੰਨਾ (ਅਨਾਜ) ਇਨਾਮ ਨਿਯਤ ਹੈ। ਮੈਂ ਇਸ ਗੱਲ ਦੀ ਜ਼ਮਾਨਤ ਦਿੰਦਾ ਹਾਂ।

قَالُوا نَفْقِدُ صُوَاعَ الْمَلِكِ وَلِمَن جَاءَ
بِهِ حِمْلُ بَعِيرٍ وَأَنَا بِهِ زَعِيمٌ ﴿٧٢﴾

73. ਉਹਨਾਂ (ਭਰਾਵਾਂ) ਨੇ ਆਖਿਆ ਕਿ ਅੱਲਾਹ ਦੀ ਕਸਮ ਤੁਸੀਂ ਤਾਂ ਭਲੀ-ਭਾਂਤ ਜਾਣਦੇ ਹੋ ਕਿ ਅਸੀਂ ਇੱਥੇ ਫ਼ਸਾਦ ਫੈਲਾਉਣ ਨਹੀਂ ਆਏ ਅਤੇ ਨਾ ਹੀ ਅਸੀਂ ਚੋਰ ਹਾਂ।

قَالُوا تَاللَّهِ لَقَدْ عَلِمْتُم مَّا جِئْنَا لِنُفْسِدَ
فِي الْأَرْضِ وَمَا كُنَّا سَارِقِينَ ﴿٧٣﴾

74. ਸਰਕਾਰੀ ਕਰਮਚਾਰੀਆਂ ਨੇ ਉਹਨਾਂ ਨੂੰ ਪੁੱਛਿਆ, ਚੰਗਾ ਚੋਰ ਦੀ ਸਜ਼ਾ ਕੀ ਹੋਵੇਗੀ ਜੇ ਤੁਸੀਂ ਝੂਠੇ ਸਿੱਧ ਹੋ ਗਏ।

قَالُوا فَمَا جَزَاؤُهُ إِن كُنتُمْ كَاذِبِينَ ﴿٧٤﴾

75. ਜਵਾਬ ਵਿਚ ਕਿਹਾ ਕਿ ਉਹਦੀ ਸਜ਼ਾ ਤਾਂ ਇਹੋ ਹੈ ਕਿ ਜਿਸ ਦੇ ਸਾਮਾਨ ਵਿਚ (ਤੋਲ) ਨਿਕਲੇ ਉਹੀਓ ਬਦਲੇ ਵਿਚ ਰੱਖਿਆ ਜਾਵੇ, ਅਸੀਂ ਤਾਂ ਜ਼ਾਲਮਾਂ (ਚੋਰਾਂ) ਨੂੰ ਇਹੋ ਸਜ਼ਾ ਦਿੰਦੇ ਹਾਂ।

قَالُوا جَزَاؤُهُ مَن وُجِدَ فِي رَحْلِهِ فَهُوَ
جَزَاؤُهُ ۚ كَذَٰلِكَ نَجْزِي الظَّالِمِينَ ﴿٧٥﴾

76. ਤੇ ਯੂਸੁਫ਼ ਨੇ ਆਪਣੇ ਭਰਾ (ਬਿਨਯਾਮੀਨ) ਦੇ ਸਾਮਾਨ ਦੀ ਤਲਾਸ਼ੀ ਤੋਂ ਪਹਿਲਾਂ ਉਹਨਾਂ ਦੀ ਤਲਾਸ਼ੀ ਲੈਣੀ ਸ਼ੁਰੂ ਕਰ ਦਿੱਤੀ। ਫੇਰ ਉਸ ਪਿਆਲੇ ਨੂੰ ਆਪਣੇ ਭਰਾ ਦੇ ਸਾਮਾਨ ਵਿੱਚੋਂ ਕੱਢਿਆ। ਇਸ ਤਰ੍ਹਾਂ ਅਸੀਂ ਯੂਸੁਫ਼ ਦੀ ਸਹਾਇਤਾ ਲਈ ਇਹ ਤਦਬੀਰ ਕੀਤੀ, ਕਿਉਂ ਜੋ ਇਸ (ਮਿਸਰ ਦੇ) ਬਾਦਸ਼ਾਹ ਦੇ ਕਾਨੂੰਨ ਅਨੁਸਾਰ ਇਹ (ਯੂਸੁਫ਼) ਆਪਣੇ ਭਰਾ ਨੂੰ ਨਹੀਂ ਸੀ ਰੱਖ ਸਕਦਾ, ਛੁੱਟ ਇਸ ਤੋਂ ਕਿ ਅੱਲਾਹ ਇਹੋ ਚਾਹੁੰਦਾ ਸੀ। ਅਸਾਂ ਜਿਸ ਦੇ

فَبَدَأَ بِأَوْعِيَتِهِمْ قَبْلَ وِعَاءِ أَخِيهِ ثُمَّ اسْتَخْرَجَهَا
مِن وِعَاءِ أَخِيهِ ۚ كَذَٰلِكَ كِدْنَا لِيُوسُفَ ۖ مَا كَانَ
لِيَأْخُذَ أَخَاهُ فِي دِينِ الْمَلِكِ إِلَّا أَن يَشَاءَ اللَّهُ ۚ
نَرْفَعُ دَرَجَاتٍ مَّن نَّشَاءُ ۗ وَفَوْقَ كُلِّ ذِي عِلْمٍ
عَلِيمٌ ﴿٧٦﴾

ਵੀ ਚਾਹੁੰਦੇ ਹਾਂ ਉਸ ਦੇ ਦਰਜੇ ਉੱਚੇ ਕਰ ਦਿੰਦੇ ਹਾਂ। ਹਰ ਗਿਆਨ ਰੱਖਣ ਵਾਲੇ ਤੋਂ ਵੱਧ ਗਿਆਨ ਰੱਖਣ ਵਾਲਾ (ਅੱਲਾਹ) ਬੈਠਾ ਹੈ।

قَالُوٓا اِنْ يَّسْرِقْ فَقَدْ سَرَقَ اَخٌ لَّهٗ مِنْ قَبْلُ ۚ
فَاَسَرَّهَا يُوْسُفُ فِيْ نَفْسِهٖ وَلَمْ يُبْدِهَا لَهُمْ ۚ
قَالَ اَنْتُمْ شَرٌّ مَّكَانًا ۚ وَاللّٰهُ اَعْلَمُ بِمَا
تَصِفُوْنَ ﴿٧٧﴾

77 ਉਹਨਾਂ (ਭਰਾਵਾਂ) ਨੇ ਆਖਿਆ ਕਿ ਜੇ ਇਹ (ਬਿਨਯਾਮੀਨ) ਨੇ ਚੋਰੀ ਕੀਤੀ ਹੈ (ਤਾਂ ਕੋਈ ਹੈਰਾਨੀ ਨਹੀਂ) ਇਹਦਾ ਭਰਾ (ਯੂਸੁਫ਼) ਵੀ ਪਹਿਲਾਂ ਚੋਰੀਆਂ ਕਰ ਚੁੱਕਿਆ ਹੈ। ਯੂਸੁਫ਼ ਨੇ ਇਸ ਗੱਲ ਨੂੰ ਮਨ ਵਿਚ ਹੀ ਲੁਕਾ ਲਿਆ ਅਤੇ ਇਹਨਾਂ ਦੇ ਸਾਹਮਣੇ ਸਪਸ਼ਟ ਨਹੀਂ ਹੋਣ ਦਿੱਤਾ (ਕਿ ਉਹੀਓ ਯੂਸੁਫ਼ ਹੈ ਅਤੇ ਮਨ ਵਿਚ) ਆਖਿਆ ਕਿ ਤੁਸੀਂ ਘਟੀਆ ਦਰਜੇ ਦੇ ਲੋਕ ਹੋ। ਜੋ ਤੁਸੀਂ ਬਿਆਨ ਕਰ ਰਹੇ ਹੋ ਉਸ ਨੂੰ ਅੱਲਾਹ ਭਲੀ ਭਾਂਤ ਜਾਣਦਾ ਹੈ।

قَالُوْا يٰٓاَيُّهَا الْعَزِيْزُ اِنَّ لَهٗٓ اَبًا شَيْخًا كَبِيْرًا
فَخُذْ اَحَدَنَا مَكَانَهٗ ۚ اِنَّا نَرٰىكَ مِنَ
الْمُحْسِنِيْنَ ﴿٧٨﴾

78 ਉਹਨਾਂ ਭਰਾਵਾਂ ਨੇ ਆਖਿਆ ਕਿ ਹੇ ਮਿਸਰ ਦੇ ਹਾਕਮ! ਇਸ ਦਾ ਪਿਤਾ ਬਹੁਤ ਹੀ ਬਿਰਧ ਹੈ। ਤੁਸੀਂ ਇਹ ਦੇ ਬਦਲੇ ਵਿਚ ਸਾਡੇ ਵਿੱਚੋਂ ਕਿਸੇ ਨੂੰ ਰੱਖ ਲਵੋ, ਅਸੀਂ ਵੇਖਦੇ ਹਾਂ ਕਿ ਤੁਸੀਂ ਬਹੁਤ ਹੀ ਅਹਿਸਾਨ ਕਰਨ ਵਾਲੇ ਵਿਅਕਤੀ ਹੋ।

قَالَ مَعَاذَ اللّٰهِ اَنْ نَّاْخُذَ اِلَّا مَنْ وَّجَدْنَا
مَتَاعَنَا عِنْدَهٗٓ ۙ اِنَّآ اِذًا لَّظٰلِمُوْنَ ﴿٧٩﴾

79. (ਯੂਸੁਫ਼ ਨੇ) ਕਿਹਾ, ਅਸੀਂ ਜਿਸ ਦੇ ਕੋਲੋਂ ਆਪਣੀ (ਗੁਆਚੀ) ਹੋਈ ਚੀਜ਼ ਪ੍ਰਾਪਤ ਕੀਤੀ ਹੈ ਉਸ ਨੂੰ ਛੱਡ ਕੇ ਦੂਜੇ ਨੂੰ ਕੈਦ ਕਰਨ ਤੋਂ ਅੱਲਾਹ ਦੀ ਪਨਾਹ ਮੰਗਦੇ ਹਾਂ। ਇੰਜ ਤਾਂ ਅਸੀਂ ਨਾ-ਇਨਸਾਫ਼ੀ ਕਰਨ ਵਾਲਿਆਂ ਵਿੱਚੋਂ ਹੋ ਜਾਵਾਂਗੇ।

فَلَمَّا اسْتَيْـَٔسُوْا مِنْهُ خَلَصُوْا نَجِيًّا ۚ قَالَ كَبِيْرُهُمْ
اَلَمْ تَعْلَمُوْٓا اَنَّ اَبَاكُمْ قَدْ اَخَذَ عَلَيْكُمْ مَّوْثِقًا
مِّنَ اللّٰهِ وَمِنْ قَبْلُ مَا فَرَّطْتُّمْ فِيْ يُوْسُفَ ۚ
فَلَنْ اَبْرَحَ الْاَرْضَ حَتّٰى يَاْذَنَ لِيْٓ اَبِيْٓ اَوْ يَحْكُمَ
اللّٰهُ لِيْ ۚ وَهُوَ خَيْرُ الْحٰكِمِيْنَ ﴿٨٠﴾

80 ਜਦੋਂ ਉਹ (ਭਰਾ) ਉਸ (ਯੂਸੁਫ਼) ਤੋਂ ਨਿਰਾਸ਼ ਹੋ ਗਏ ਤਾਂ ਅੱਡ ਬੈਠ ਕੇ ਸਲਾਹਾਂ ਕਰਨ ਲੱਗੇ (ਕੀ ਹੁਣ ਕੀ ਕਰੀਏ) ਇਹਨਾਂ ਵਿੱਚੋਂ ਜਿਹੜਾ ਸਭ ਤੋਂ ਵੱਡਾ ਸੀ ਉਸ ਨੇ ਆਖਿਆ, ਕੀ ਤੁਹਾਨੂੰ ਪਤਾ ਨਹੀਂ ਕਿ ਤੁਹਾਡੇ ਪਿਤਾ ਨੇ ਤੁਹਾਥੋਂ ਅੱਲਾਹ ਦੀ ਕਸਮ 'ਤੇ ਪੱਕਾ ਵਚਨ ਲਿਆ ਸੀ। ਇਸ ਤੋਂ

30

ਪਹਿਲਾਂ ਯੂਸੁਫ਼ ਦੇ ਮਾਮਲੇ ਵਿਚ ਤੁਸੀਂ ਗ਼ਲਤੀ ਕਰ ਚੁੱਕੇ ਹੋ। ਹੁਣ ਮੈਂ ਤਾਂ ਇੱਥੋਂ ਜਾਵਾਂਗਾ ਨਹੀਂ ਜਦੋਂ ਤੀਕ ਮੇਰੇ ਪਿਤਾ ਜੀ ਮੈਨੂੰ (ਘਰ ਆਉਣ ਦੀ) ਆਗਿਆ ਨਾ ਦੇਣ ਜਾਂ ਅੱਲਾਹ ਹੀ ਮੇਰੇ ਮਾਮਲੇ ਵਿਚ ਕੋਈ ਫ਼ੈਸਲਾ ਕਰ ਦੇਵੇ, ਉਹੀਓ ਵਧੀਆ ਫ਼ੈਸਲਾ ਕਰਨ ਵਾਲਾ ਹੈ।

اِرْجِعُوْٓا اِلٰٓى اَبِيْكُمْ فَقُوْلُوْا يٰٓاَبَانَآ اِنَّ ابْنَكَ سَرَقَ ۚ وَمَا شَهِدْنَآ اِلَّا بِمَا عَلِمْنَا وَمَا كُنَّا لِلْغَيْبِ حٰفِظِيْنَ ﴿٨١﴾

81. ਸੋ ਤੁਸੀਂ ਆਪਣੇ ਪਿਤਾ ਜੀ ਕੋਲ ਜਾਓ ਅਤੇ ਕਹੋ ਕਿ ਪਿਤਾ ਜੀ! ਤੁਹਾਡੇ ਸਾਹਿਬਜ਼ਾਦੇ ਨੇ ਚੋਰੀ ਕੀਤੀ ਹੈ, ਅਸੀਂ ਤਾਂ ਉਹੀਓ ਆਖਿਆ ਹੈ ਜੋ ਅਸੀਂ ਜਾਣਦੇ ਹਾਂ। ਹਾਂ! ਸਾਨੂੰ ਗ਼ੈਬ (ਪਰੋਖ) ਦਾ ਗਿਆਨ ਨਹੀਂ ਹੈ।

وَسْــَٔلِ الْقَرْيَةَ الَّتِيْ كُنَّا فِيْهَا وَالْعِيْرَ الَّتِيْٓ اَقْبَلْنَا فِيْهَا ۭ وَاِنَّا لَصٰدِقُوْنَ ﴿٨٢﴾

82. ਤੁਸੀਂ ਉਸ ਬਸਤੀ ਦੇ ਲੋਕਾਂ ਤੋਂ ਪੁੱਛ-ਗਿੱਛ ਕਰ ਲਓ ਜਿੱਥੇ ਅਸੀਂ ਗਏ ਸੀ, ਉਸ ਕਾਫ਼ਲੇ ਤੋਂ ਵੀ ਪੁੱਛ ਲਵੋ ਜਿਸ ਨਾਲ ਅਸੀਂ ਆਏ ਹਾਂ, ਅਸੀਂ ਬਿਲਕੁਲ ਸੱਚ ਬੋਲਦੇ ਹਾਂ।

قَالَ بَلْ سَوَّلَتْ لَكُمْ اَنْفُسُكُمْ اَمْرًا ۭ فَصَبْرٌ جَمِيْلٌ ۭ عَسَى اللّٰهُ اَنْ يَّاْتِيَنِيْ بِهِمْ جَمِيْعًا ۭ اِنَّهٗ هُوَ الْعَلِيْمُ الْحَكِيْمُ ﴿٨٣﴾

83. (ਯਾਕੂਬ ਨੇ) ਕਿਹਾ ਕਿ (ਹਕੀਕਤ ਇਹ ਨਹੀਂ) ਤੁਹਾਡੇ ਲਈ ਤੁਹਾਡੇ ਮਨ ਨੇ ਇਕ ਝੂਠ ਗੱਲ ਨੂੰ ਬਣਾ ਸੰਵਾਰ ਲਿਆ ਹੈ। ਬਸ ਹੁਣ ਸਬਰ ਕਰਨਾ ਹੀ ਬਿਹਤਰ ਹੈ। ਹੋ ਸਕਦਾ ਹੈ ਕਿ ਅੱਲਾਹ ਉਹਨਾਂ ਸਭ (ਦੋਹਾਂ ਭਰਾਵਾਂ) ਨੂੰ ਮੇਰੇ ਨਾਲ ਲਿਆ ਮਿਲਾਵੇ ਉਹੀਓ ਗਿਆਨਵਾਨ ਤੇ ਹਿਕਮਤਾਂ ਵਾਲਾ ਹੈ।

وَتَوَلّٰى عَنْهُمْ وَقَالَ يٰٓاَسَفٰى عَلٰي يُوْسُفَ وَابْيَضَّتْ عَيْنٰهُ مِنَ الْحُزْنِ فَهُوَ كَظِيْمٌ ﴿٨٤﴾

84. ਇਹ ਕਹਿ ਕੇ (ਪਿਤਾ ਨੇ) ਉਹਨਾਂ ਤੋਂ ਮੂੰਹ ਮੋੜ ਲਿਆ ਅਤੇ ਆਖਿਆ ਕਿ ਹਾਏ ਯੂਸੁਫ਼। ਉਸ ਦੀਆਂ ਅੱਖਾਂ (ਯੂਸੁਫ਼ ਦੇ) ਗ਼ਮ ਵਿਚ (ਰੋ ਰੋ ਕੇ) ਚਿੱਟੀਆਂ ਹੋ ਗਈਆਂ ਸਨ ਅਤੇ (ਗ਼ਮ ਨਾਲ ਉਸ ਦਾ ਦਿਲ) ਭਰਿਆ ਹੋਇਆ ਸੀ।

85. ਪੁੱਤਰਾਂ ਨੇ ਕਿਹਾ, ਅੱਲਾਹ ਦੀ ਕਸਮ! ਤੁਸੀਂ ਤਾਂ ਬਸ ਯੂਸੁਫ਼ ਨੂੰ ਹੀ ਯਾਦ ਕਰਦੇ ਰਹਿੰਦੇ ਹੋ, ਇੱਥੋਂ ਤੀਕ ਕਿ ਤੁਸੀਂ ਜਾਂ ਤਾਂ ਰੋਗ ਲਗਾ ਬੈਠੋਗੇ ਜਾਂ ਪ੍ਰਾਣ ਤਿਆਗ ਦਿਓਗੇ।

قَالُوا تَاللَّهِ تَفْتَؤُا تَذْكُرُ يُوسُفَ حَتَّىٰ تَكُونَ
حَرَضًا أَوْ تَكُونَ مِنَ الْهَالِكِينَ ﴿٨٥﴾

86. ਉਹਨਾਂ (ਯਾਕੂਬ) ਨੇ ਆਖਿਆ ਕਿ ਮੈਂ ਤਾਂ ਆਪਣੀਆਂ ਪਰੇਸ਼ਾਨੀਆਂ ਅਤੇ ਦੁਖੜਿਆਂ ਦੀ ਫ਼ਰਿਆਦ ਅੱਲਾਹ ਕੋਲੋਂ ਹੀ ਕਰਦਾ ਹਾਂ। ਮੈਂ ਅੱਲਾਹ ਵੱਲੋਂ ਉਹ ਕੁੱਝ ਜਾਣਦਾ ਹਾਂ ਜੋ ਤੁਸੀਂ ਨਹੀਂ ਜਾਣਦੇ।

قَالَ إِنَّمَا أَشْكُو بَثِّي وَحُزْنِي إِلَى اللَّهِ
وَأَعْلَمُ مِنَ اللَّهِ مَا لَا تَعْلَمُونَ ﴿٨٦﴾

87. ਹੇ ਮੇਰੇ ਪੁੱਤਰੋ! ਜਾਓ! ਤੇ ਯੂਸੁਫ਼ ਅਤੇ ਉਸ ਦੇ ਭਰਾ ਦੀ ਚੰਗੀ ਤਰ੍ਹਾਂ ਭਾਲ ਕਰੋ। ਅੱਲਾਹ ਦੀਆਂ ਮਿਹਰਾਂ ਤੋਂ ਬੇ ਆਸ ਨਾ ਹੋਵੋ। ਅੱਲਾਹ ਦੀਆਂ ਮਿਹਰਾਂ ਤੋਂ ਕਾਫ਼ਿਰ ਹੀ ਨਿਰਾਸ਼ ਹੁੰਦੇ ਹਨ।

يَا بَنِيَّ اذْهَبُوا فَتَحَسَّسُوا مِنْ يُوسُفَ وَأَخِيهِ
وَلَا تَيْأَسُوا مِنْ رَوْحِ اللَّهِ ۖ إِنَّهُ لَا يَيْأَسُ
مِنْ رَوْحِ اللَّهِ إِلَّا الْقَوْمُ الْكَافِرُونَ ﴿٨٧﴾

88. ਜਦੋਂ ਉਹ ਸਾਰੇ ਭਰਾ ਯੂਸੁਫ਼ ਕੋਲ ਪਹੁੰਚੇ ਤਾਂ ਆਖਣ ਲੱਗੇ ਕਿ ਹੇ ਅਜ਼ੀਜ਼ (ਹਾਕਮ)! ਸਾਨੂੰ ਤੇ ਸਾਡੇ ਪਰਿਵਾਰ ਨੂੰ ਬਹੁਤ ਹੀ ਦੁਖ ਪਹੁੰਚਿਆ ਹੈ। ਅਸੀਂ ਤੁੱਛ ਜਿਹੀ ਪੂੰਜੀ ਲੈ ਕੇ ਆਏ ਹਾਂ, ਤੁਸੀਂ ਸਾਨੂੰ ਪੂਰਾ ਅਨਾਜ (ਭਾਵ ਸਾਡਾ ਬਣਦਾ ਹਿੱਸਾ) ਦੇ ਦਿਓ ਅਤੇ ਸਾਨੂੰ ਪੁੰਨ-ਦਾਨ (ਖ਼ੈਰਾਤ) ਵੀ ਦਿਓ। ਅੱਲਾਹ ਪੁੰਨ-ਦਾਨ ਕਰਨ ਵਾਲਿਆਂ ਨੂੰ ਚੰਗਾ ਬਦਲਾ ਦਿੰਦਾ ਹੈ।

فَلَمَّا دَخَلُوا عَلَيْهِ قَالُوا يَا أَيُّهَا الْعَزِيزُ مَسَّنَا
وَأَهْلَنَا الضُّرُّ وَجِئْنَا بِبِضَاعَةٍ مُزْجَاةٍ فَأَوْفِ
لَنَا الْكَيْلَ وَتَصَدَّقْ عَلَيْنَا ۖ إِنَّ اللَّهَ يَجْزِي
الْمُتَصَدِّقِينَ ﴿٨٨﴾

89. ਯੂਸੁਫ਼ ਨੇ ਆਖਿਆ, ਕੀ ਤੁਸੀਂ ਜਾਣਦੇ ਵੀ ਹੋ ਕਿ ਤੁਸੀਂ ਯੂਸੁਫ਼ ਅਤੇ ਉਸ ਦੇ ਭਰਾ ਨਾਲ ਨਾਦਾਨੀ ਵਿਚ ਕੀ ਕੀਤਾ ਸੀ, ਜਦੋਂ ਤੁਸੀਂ ਨਾਦਾਨ ਸੀ?

قَالَ هَلْ عَلِمْتُمْ مَا فَعَلْتُمْ بِيُوسُفَ
وَأَخِيهِ إِذْ أَنْتُمْ جَاهِلُونَ ﴿٨٩﴾

90. ਉਹ (ਭਰਾ) ਬੋਲੇ, ਕੀ ਤੂੰ ਹੀ ਯੂਸੁਫ਼ ਹੈ? ਕਿਹਾ ਹਾਂ! ਮੈਂ ਹੀ ਯੂਸੁਫ਼ ਹਾਂ ਅਤੇ ਇਹ ਮੇਰਾ ਭਰਾ ਹੈ, ਅੱਲਾਹ ਨੇ ਸਾਡੇ 'ਤੇ ਮਿਹਰ ਕੀਤੀ ਹੈ। ਬੇਸ਼ੱਕ ਜਿਹੜਾ ਵੀ ਵਿਅਕਤੀ ਪਰਹੇਜ਼ਗਾਰੀ ਤੇ ਸਬਰ ਕਰਦਾ ਹੈ ਤਾਂ ਅੱਲਾਹ ਕਿਸੇ ਨੇਕੀ ਕਰਨ ਵਾਲਿਆਂ ਦਾ ਬਦਲਾ ਅਜਾਈਂ ਨਹੀਂ ਕਰਦਾ।

قَالُوا أَإِنَّكَ لَأَنْتَ يُوسُفُ ۖ قَالَ أَنَا يُوسُفُ
وَهَٰذَا أَخِي ۖ قَدْ مَنَّ اللَّهُ عَلَيْنَا ۖ إِنَّهُ مَنْ
يَتَّقِ وَيَصْبِرْ فَإِنَّ اللَّهَ لَا يُضِيعُ أَجْرَ
الْمُحْسِنِينَ ﴿٩٠﴾

قَالُوا تَاللَّهِ لَقَدْ آثَرَكَ اللَّهُ عَلَيْنَا
وَإِن كُنَّا لَخَاطِئِينَ ﴿٩١﴾

91. ਉਹਨਾਂ (ਭਰਾਵਾਂ) ਨੇ ਆਖਿਆ, ਅੱਲਾਹ ਦੀ ਕਸਮ! ਅੱਲਾਹ ਨੇ ਤੁਹਾਨੂੰ ਸਾਡੇ ’ਤੇ ਵਡਿਆਈ ਬਖ਼ਸ਼ੀ ਹੈ ਅਤੇ ਇਹ ਵੀ ਸੱਚ ਹੈ ਕਿ ਅਸੀਂ ਹੀ ਦੋਸ਼ੀ ਸਾਂ।

قَالَ لَا تَثْرِيبَ عَلَيْكُمُ الْيَوْمَ ۖ يَغْفِرُ اللَّهُ
لَكُمْ ۖ وَهُوَ أَرْحَمُ الرَّاحِمِينَ ﴿٩٢﴾

92. (ਯੂਸੁਫ਼ ਨੇ) ਜਵਾਬ ਦਿੱਤਾ ਕਿ ਅੱਜ ਤੁਹਾਡੇ ਸਿਰ ਕੋਈ ਦੋਸ਼ ਨਹੀਂ ਅੱਲਾਹ ਤੁਹਾਨੂੰ ਖਿਮਾ ਕਰੇ, ਉਹ ਸਭ ਤੋਂ ਵਧੇਰੇ ਮਿਹਰਬਾਨ ਹੈ।[1]

اذْهَبُوا بِقَمِيصِي هَٰذَا فَأَلْقُوهُ عَلَىٰ وَجْهِ أَبِي
يَأْتِ بَصِيرًا وَأْتُونِي بِأَهْلِكُمْ أَجْمَعِينَ ﴿٩٣﴾

93. ਤੁਸੀਂ ਇਹ ਕੁੜਤਾ ਮੇਰੇ ਪਿਤਾ ਦੇ ਮੂੰਹ ’ਤੇ ਲਿਜਾ ਕੇ ਪਾ ਦਿਓ, ਉਹ ਵੇਖਣ ਲੱਗ ਜਾਣਗੇ ਅਤੇ ਤੁਸੀਂ ਆਪਣੇ ਪੂਰੇ ਪਰਿਵਾਰ ਨੂੰ ਮੇਰੇ ਕੋਲ ਲੈ ਆਓ।

وَلَمَّا فَصَلَتِ الْعِيرُ قَالَ أَبُوهُمْ إِنِّي لَأَجِدُ
رِيحَ يُوسُفَ ۖ لَوْلَا أَن تُفَنِّدُونِ ﴿٩٤﴾

94. ਜਦੋਂ ਉਹ (ਭਰਾਵਾਂ ਦਾ) ਕਾਫ਼ਲਾ (ਮਿਸਰ ਤੋਂ) ਤੁਰਿਆ ਤਾਂ ਉਹਨਾਂ ਦੇ ਪਿਤਾ (ਯਾਕੂਬ) ਨੇ ਆਖਿਆ ਕਿ ਮੈਨੂੰ ਤਾਂ ਯੂਸੁਫ਼ ਦੀ ਖ਼ੁਸ਼ਬੂ ਆ ਰਹੀ ਹੈ, ਜੇ ਤੁਸੀਂ ਇਹ ਨਾ ਸਮਝੋ ਕਿ ਮੈਂ ਸਠਿਆ ਗਿਆ ਹਾਂ।

قَالُوا تَاللَّهِ إِنَّكَ لَفِي ضَلَالِكَ الْقَدِيمِ ﴿٩٥﴾

95. ਉਹ ਭਰਾ ਆਖਣ ਲੱਗੇ ਕਿ ਕਸਮ ਰੱਬ ਦੀ ਤੁਸੀਂ ਤਾਂ ਉਹੀਓ ਪੁਰਾਣੇ ਸੁਦਾਅ ਵਿਚ ਪਏ ਹੋਏ ਹੋ।

فَلَمَّا أَن جَاءَ الْبَشِيرُ أَلْقَاهُ عَلَىٰ وَجْهِهِ فَارْتَدَّ
بَصِيرًا ۖ قَالَ أَلَمْ أَقُل لَّكُمْ إِنِّي أَعْلَمُ مِنَ اللَّهِ
مَا لَا تَعْلَمُونَ ﴿٩٦﴾

96. ਜਦੋਂ ਖ਼ੁਸ਼ਖ਼ਬਰੀ ਦੇਣ ਵਾਲੇ ਨੇ ਆ ਕੇ ਉਹਨਾਂ (ਯਾਕੂਬ) ਦੇ ਮੂੰਹ ’ਤੇ ਉਹ (ਯੂਸੁਫ਼ ਵੱਲੋਂ ਦਿੱਤਾ ਗਿਆ) ਕੁੜਤਾ ਪਾਇਆ, ਉਸੇ ਸਮੇਂ ਉਹਨਾਂ ਦੀ ਅੱਖਾਂ ਦੀ ਜੋਤ ਪਰਤ ਆਈ। (ਯਾਕੂਬ ਨੇ) ਕਿਹਾ

---

[1] ਅੱਲਾਹ ਦੀ ਮਿਹਰਾਂ ਦਾ ਅੰਦਾਜ਼ਾ ਇਸ ਹਦੀਸ ਤੋਂ ਕੀਤਾ ਜਾ ਸਕਦਾ ਹੈ ਜਿਸ ਵਿਚ ਰਸੂਲ (ਸ:) ਨੇ ਫ਼ਰਮਾਇਆ ਕਿ ਜਦੋਂ ਅੱਲਾਹ ਨੇ ਰਹਿਮਤ ਨੂੰ ਪੈਦਾ ਕੀਤਾ ਸੀ ਤਾਂ ਉਸ ਦੇ ਸੌ ਹਿੱਸੇ ਕੀਤੇ ਸੀ ਇਸ ਵਿਚੋਂ 99 ਹਿੱਸੇ ਆਪਣੇ ਕੋਲ ਰੱਖ ਲਏ ਅਤੇ ਉਸ ਦਾ ਇਕ ਹਿੱਸਾ ਆਪਣੀ ਮਖ਼ਲੂਕ ਲਈ ਭੇਜ ਦਿੱਤਾ। ਜੇ ਕਾਫ਼ਿਰ ਇਹ ਜਾਣ ਲੈਣ ਕਿ ਅੱਲਾਹ ਕੋਲ ਕਿੰਨੀ ਰਹਿਮਤ ਹੈ ਤਾਂ ਉਹ ਕਦੀ ਵੀ ਜੰਨਤ ਤੋਂ ਬੇਆਸ ਨਹੀਂ ਹੋਣਗੇ ਅਤੇ ਜੇ ਮੋਮਿਨ ਇਹ ਜਾਣ ਲਵੇ ਕਿ ਅੱਲਾਹ ਕੋਲ ਕਿੰਨਾ ਅਜ਼ਾਬ ਹੈ ਤਾਂ ਉਹ ਕਦੀ ਵੀ ਨਰਕ ਤੋਂ ਬੇ-ਡਰ ਨਹੀਂ ਰਹੇਗਾ। (ਸਹੀ ਬੁਖ਼ਾਰੀ, ਹਦੀਸ 6469)

ਕਿ ਮੈਂ ਤੁਹਾਨੂੰ ਕਹਿੰਦਾ ਨਹੀਂ ਸੀ ਕਿ ਮੈਂ ਅੱਲਾਹ ਵੱਲੋਂ ਉਹ ਗੱਲਾਂ ਜਾਣਦਾ ਹਾਂ ਜਿਹੜੀਆਂ ਤੁਸੀਂ ਨਹੀਂ ਜਾਣਦੇ।

قَالُوا يَا أَبَانَا اسْتَغْفِرْ لَنَا ذُنُوبَنَا إِنَّا كُنَّا خَاطِئِينَ ﴿٩٧﴾

97. ਉਹਨਾਂ (ਪੁੱਤਰਾਂ) ਨੇ ਆਖਿਆ ਕਿ ਪਿਤਾ ਜੀ! ਤੁਸੀਂ ਸਾਡੇ ਗੁਨਾਹਾਂ ਦੀ ਬਖ਼ਸ਼ਿਸ਼ ਲਈ (ਰੱਬ ਕੋਲੋਂ) ਦੁਆ ਕਰੋ, ਅਸੀਂ ਸੱਚ ਮੁੱਚ ਦੋਸ਼ੀ ਹਾਂ।

قَالَ سَوْفَ أَسْتَغْفِرُ لَكُمْ رَبِّي ۖ إِنَّهُ هُوَ الْغَفُورُ الرَّحِيمُ ﴿٩٨﴾

98. (ਯਾਕੂਬ ਨੇ) ਕਿਹਾ ਕਿ ਛੇਤੀ ਹੀ ਮੈਂ ਆਪਣੇ ਰੱਬ ਤੋਂ ਤੁਹਾਡੇ ਲਈ ਛੇਤੀ ਹੀ ਬਖ਼ਸ਼ਿਸ਼ ਦੀ ਦੁਆ ਕਰਾਂਗਾ, ਉਹ ਤਾਂ ਬਹੁਤ ਹੀ ਬਖ਼ਸ਼ਣਹਾਰ ਅਤੇ ਅਤਿ ਮਿਹਰਾਂ ਕਰਨ ਵਾਲਾ ਹੈ।

فَلَمَّا دَخَلُوا عَلَىٰ يُوسُفَ آوَىٰ إِلَيْهِ أَبَوَيْهِ وَقَالَ ادْخُلُوا مِصْرَ إِن شَاءَ اللَّهُ آمِنِينَ ﴿٩٩﴾

99. ਜਦੋਂ ਪੂਰਾ ਪਰਿਵਾਰ ਯੂਸੁਫ਼ ਦੇ ਕੋਲ ਪਹੁੰਚ ਗਿਆ ਤਾਂ ਯੂਸੁਫ਼ ਨੇ ਆਪਣੇ ਮਾਂ ਪਿਓ ਨੂੰ ਆਪਣੇ ਨਾਲ ਥਾਂ ਦਿੱਤੀ ਅਤੇ ਕਿਹਾ ਕਿ ਤੁਸੀਂ ਸਾਰੇ ਮਿਸਰ ਵਿਚ ਆ ਵਸੋ, ਜੇ ਅੱਲਾਹ ਨੂੰ ਮਨਜ਼ੂਰ ਹੋਇਆ ਤਾਂ ਤੁਸੀਂ ਸਾਰੇ ਅਮਨ ਸ਼ਾਂਤੀ ਨਾਲ ਰਹੋਗੇ।

وَرَفَعَ أَبَوَيْهِ عَلَى الْعَرْشِ وَخَرُّوا لَهُ سُجَّدًا ۖ وَقَالَ يَا أَبَتِ هَٰذَا تَأْوِيلُ رُؤْيَايَ مِن قَبْلُ قَدْ جَعَلَهَا رَبِّي حَقًّا ۖ وَقَدْ أَحْسَنَ بِي إِذْ أَخْرَجَنِي مِنَ السِّجْنِ وَجَاءَ بِكُم مِّنَ الْبَدْوِ مِن بَعْدِ أَن نَّزَغَ الشَّيْطَانُ بَيْنِي وَبَيْنَ إِخْوَتِي ۚ إِنَّ رَبِّي لَطِيفٌ لِّمَا يَشَاءُ ۚ إِنَّهُ هُوَ الْعَلِيمُ الْحَكِيمُ ﴿١٠٠﴾

100. ਉਸ (ਯੂਸੁਫ਼) ਨੇ ਆਪਣੇ ਮਾਂ-ਪਿਓ ਨੂੰ ਤਖ਼ਤ 'ਤੇ ਉੱਚਾ ਕਰਕੇ ਬਿਠਾਇਆ ਅਤੇ ਸਾਰੇ (ਗਿਆਰਾਂ ਭਰਾ) ਉਸ ਦੇ ਅੱਗੇ ਝੁਕ ਗਏ ਤੱਦ ਯੂਸੁਫ਼ ਨੇ ਕਿਹਾ ਕਿ ਪਿਤਾ ਜੀ! ਇਹ ਮੇਰੇ ਪਹਿਲੇ ਸੁਪਨੇ ਦੀ ਤਾਅਬੀਰ ਹੈ, ਮੇਰੇ ਰੱਬ ਨੇ ਉਸ ਨੂੰ ਸੱਚ ਕਰ ਵਿਖਾਇਆ। ਉਸ ਨੇ ਮੇਰੇ ਉੱਤੇ ਬਹੁਤ ਵੱਡਾ ਅਹਿਸਾਨ ਕੀਤਾ ਹੈ, ਮੈਨੂੰ ਜੇਲ ਵਿੱਚੋਂ ਬਾਹਰ ਕੱਢਿਆ ਅਤੇ ਤੁਹਾਨੂੰ (ਪਿੰਡ ਵਿੱਚੋਂ) ਇੱਥੇ (ਮਿਸਰ ਵਿਚ) ਲਿਆਂਦਾ ਜਦ ਕਿ ਸ਼ੈਤਾਨ ਨੇ ਮੇਰੇ ਤੇ ਮੇਰੇ ਭਰਾਵਾਂ ਵਿਚਾਲੇ ਵਿਗਾੜ ਪਾ ਦਿੱਤਾ ਸੀ। ਮੇਰਾ ਰੱਬ ਜੋ ਵੀ ਚਾਹੁੰਦਾ ਹੈ ਉਸ ਲਈ ਵਧੀਆ ਉਪਰਾਲੇ ਕਰਦਾ ਹੈ, ਬੇਸ਼ੱਕ ਉਹ ਹਰ ਗੱਲ ਜਾਣਨ ਵਾਲਾ ਤੇ ਹਿਕਮਤਾਂ ਵਾਲਾ ਹੈ।

رَبِّ قَدْ آتَيْتَنِي مِنَ الْمُلْكِ وَعَلَّمْتَنِي مِن تَأْوِيلِ الْأَحَادِيثِ ۚ فَاطِرَ السَّمَاوَاتِ وَالْأَرْضِ أَنتَ وَلِيِّي فِي الدُّنْيَا وَالْآخِرَةِ ۖ تَوَفَّنِي مُسْلِمًا وَأَلْحِقْنِي بِالصَّالِحِينَ ﴿١٠١﴾

101. (ਯੂਸੁਫ਼ ਨੇ ਦੁਆ ਕਰਦੇ ਹੋਏ ਕਿਹਾ ਕਿ) ਹੇ ਮੇਰੇ ਪਾਲਣਹਾਰ! ਤੈਨੇ ਹੀ ਮੈਨੂੰ ਸੱਤਾ ਬਖ਼ਸ਼ੀ ਹੈ ਅਤੇ ਮੈਨੂੰ ਸੁਪਨਿਆਂ ਦੀ ਤਾਅਬੀਰ ਸਿਖਾਈ ਹੈ। ਹੇ ਅਕਾਸ਼ ਤੇ ਧਰਤੀ ਦੇ ਸਿਰਜਣਹਾਰ! ਤੂੰ ਹੀ ਲੋਕ-ਪਰਲੋਕ ਵਿਚ ਮੇਰੇ ਕੰਮ ਸੰਵਾਰਨ ਵਾਲਾ ਹੈਂ। ਤੂੰ ਮੇਰਾ ਅੰਤ ਇਸਲਾਮ 'ਤੇ ਹੀ ਕਰੀਂ ਅਤੇ (ਪਰਲੋਕ ਵਿਚ) ਮੇਰਾ ਸਾਥ ਨੇਕ ਲੋਕਾਂ ਨਾਲ ਹੋਵੇ।

ذَٰلِكَ مِنْ أَنبَاءِ الْغَيْبِ نُوحِيهِ إِلَيْكَ ۖ وَمَا كُنتَ لَدَيْهِمْ إِذْ أَجْمَعُوا أَمْرَهُمْ وَهُمْ يَمْكُرُونَ ﴿١٠٢﴾

102. (ਹੇ ਮੁਹੰਮਦ ਸ:!) ਇਹ ਪਰੋਖ (ਗ਼ੈਬ) ਦੀਆਂ ਕੁੱਝ ਖ਼ਬਰਾਂ ਹਨ ਜਿਹੜੀਆਂ ਅਸੀਂ (ਅੱਲਾਹ) ਤੁਹਾਡੇ ਵੱਲ ਵਹੀ ਕਰ ਰਹੇ ਹਾਂ। ਤੁਸੀਂ ਉਹਨਾਂ (ਯੂਸੁਫ਼ ਦੇ ਭਰਾਵਾਂ) ਦੇ ਸੰਗ ਨਹੀਂ ਸੀ ਜਦੋਂ ਉਹਨਾਂ ਨੇ ਆਪਣੀ ਇਕ ਗੱਲ 'ਤੇ ਸਹਿਮਤੀ ਪ੍ਰਗਟਾਈ ਸੀ ਅਤੇ ਉਹ (ਯੂਸੁਫ਼ ਦੇ ਵਿਰੁੱਧ) ਚਾਲਾਂ ਚੱਲ ਰਹੇ ਸੀ।

وَمَا أَكْثَرُ النَّاسِ وَلَوْ حَرَصْتَ بِمُؤْمِنِينَ ﴿١٠٣﴾

103. (ਹੇ ਨਬੀ ਸ:!) ਤੁਸੀਂ ਭਾਵੇਂ ਕਿੰਨਾਂ ਵੀ ਚਾਹੋ ਪਰ ਵਧੇਰੇ ਲੋਕ ਈਮਾਨ ਲਿਆਉਣ ਵਾਲੇ ਨਹੀਂ।

وَمَا تَسْأَلُهُمْ عَلَيْهِ مِنْ أَجْرٍ ۚ إِنْ هُوَ إِلَّا ذِكْرٌ لِّلْعَالَمِينَ ﴿١٠٤﴾

104. ਜਦ ਕਿ ਤੁਸੀਂ ਉਹਨਾਂ ਤੋਂ ਕੋਈ ਬਦਲਾ ਵੀ ਨਹੀਂ ਭਾਲਦੇ। ਇਹ (ਕੁਰਆਨ) ਸਾਰੇ ਦੁਨੀਆਂ ਦੇ ਲੋਕਾਂ ਲਈ ਨਸੀਹਤ ਹੈ।

وَكَأَيِّن مِّنْ آيَةٍ فِي السَّمَاوَاتِ وَالْأَرْضِ يَمُرُّونَ عَلَيْهَا وَهُمْ عَنْهَا مُعْرِضُونَ ﴿١٠٥﴾

105. ਅਕਾਸ਼ ਤੇ ਧਰਤੀ ਵਿਚ ਬਥੇਰੀਆਂ ਅਜਿਹੀਆਂ ਨਿਸ਼ਾਨੀਆਂ ਹਨ ਜਿਨ੍ਹਾਂ ਕੋਲ ਦੀ ਇਹ ਕਾਫ਼ਿਰ ਮੂੰਹ ਮੋੜ ਕੇ ਲੰਘ ਜਾਂਦੇ ਹਨ, ਪਰ ਰਤਾ ਵੀ ਧਿਆਨ ਨਹੀਂ ਦਿੰਦੇ।

وَمَا يُؤْمِنُ أَكْثَرُهُم بِاللَّهِ إِلَّا وَهُم مُّشْرِكُونَ ﴿١٠٦﴾

106. ਇਹਨਾਂ ਲੋਕਾਂ ਵਿਚ ਬਥੇਰੇ ਲੋਕ ਅੱਲਾਹ 'ਤੇ ਈਮਾਨ ਰੱਖਦੇ ਹੋਏ ਵੀ ਮੁਸ਼ਰਿਕ ਹੀ ਹੁੰਦੇ ਹਨ (ਭਾਵ ਰੱਬ ਦੀ ਪੂਜਾ ਵੀ ਕਰਦੇ ਹਨ ਅਤੇ ਨਾਲ ਹੋਰ ਇਸ਼ਟਾਂ ਦੀ ਵੀ)।

107. ਕੀ ਉਹਨਾਂ ਮੁਸ਼ਰਿਕਾਂ ਨੂੰ ਇਸ ਗੱਲ ਦਾ ਕੋਈ ਡਰ ਨਹੀਂ ਕਿ ਉਹਨਾਂ ਕੋਲ ਅੱਲਾਹ ਦੇ ਅਜ਼ਾਬਾਂ ਵਿੱਚੋਂ ਕੋਈ ਵੀ ਅਜ਼ਾਬ ਆ ਜਾਵੇ ਜਾਂ ਉਹਨਾਂ 'ਤੇ ਅਚਣਚੇਤ ਕਿਆਮਤ ਆ ਜਾਵੇ ਅਤੇ ਉਹਨਾਂ ਨੂੰ ਖ਼ਬਰ ਵੀ ਨਾ ਹੋਵੇ।

أَفَأَمِنُوٓا۟ أَن تَأْتِيَهُمْ غَٰشِيَةٌ مِّنْ عَذَابِ ٱللَّهِ
أَوْ تَأْتِيَهُمُ ٱلسَّاعَةُ بَغْتَةً وَهُمْ لَا يَشْعُرُونَ ﴿١٠٧﴾

108. (ਹੇ ਨਬੀ ਸ.!) ਆਖ ਦਿਓ ਕਿ ਇਹੋ ਮੇਰੀ ਰਾਹ ਹੈ ਮੈਂ ਤੁਹਾਨੂੰ ਅੱਲਾਹ ਵੱਲ ਬੁਲਾਉਂਦਾ ਹਾਂ। ਮੈਂ ਅਤੇ ਉਹ ਲੋਕ ਜਿਹੜੇ ਮੇਰੇ ਪੈਰੋਕਾਰ ਹਨ ਪੂਰੇ ਵਿਸ਼ਵਾਸ ਤੇ ਸੂਝ-ਬੂਝ 'ਤੇ ਖੜ੍ਹੇ ਹਾਂ। ਅੱਲਾਹ ਪਾਕ ਹੈ ਅਤੇ ਮੈਂ ਮੁਸ਼ਰਿਕਾਂ ਵਿੱਚੋਂ ਨਹੀਂ।

قُلْ هَٰذِهِۦ سَبِيلِىٓ أَدْعُوٓا۟ إِلَى ٱللَّهِ ۚ عَلَىٰ بَصِيرَةٍ
أَنَا۠ وَمَنِ ٱتَّبَعَنِى ۖ وَسُبْحَٰنَ ٱللَّهِ وَمَآ أَنَا۠ مِنَ
ٱلْمُشْرِكِينَ ﴿١٠٨﴾

109. (ਹੇ ਨਬੀ.) ਤੁਹਾਥੋਂ ਪਹਿਲਾਂ ਅਸੀਂ ਜਿੰਨੇ ਵੀ ਰਸੂਲ ਘੱਲੇ ਉਹ ਸਾਰੇ ਹੀ ਮਰਦ ਸੀ ਜਿਨ੍ਹਾਂ ਵੱਲ ਅਸੀਂ ਆਪਣੀ ਵਹੀ ਭੇਜਦੇ ਸੀ ਅਤੇ ਉਹ ਬਸਤੀਆਂ ਵਿਚ ਰਹਿਣ ਵਾਲੇ ਸਨ। ਕੀ ਉਹਨਾਂ ਲੋਕਾਂ ਨੇ ਧਰਤੀ 'ਤੇ ਘੁੰਮ-ਫਿਰ ਕੇ ਨਹੀਂ ਵੇਖਿਆ ਕਿ ਉਹਨਾਂ ਤੋਂ ਪਹਿਲਾਂ (ਇਨਕਾਰੀਆਂ) ਦਾ ਕੀ ਹਾਲ ਹੋਇਆ ਸੀ? ਆਖ਼ਿਰਤ ਦਾ ਘਰ ਹੀ ਪਰਹੇਜ਼ਗਾਰ ਲੋਕਾਂ ਲਈ ਵਧੀਆ ਘਰ ਹੈ। ਕੀ ਤੁਸੀਂ ਲੋਕ ਫੇਰ ਵੀ ਨਹੀਂ ਸਮਝਦੇ।

وَمَآ أَرْسَلْنَا مِن قَبْلِكَ إِلَّا رِجَالًا نُّوحِىٓ إِلَيْهِم مِّنْ
أَهْلِ ٱلْقُرَىٰٓ ۗ أَفَلَمْ يَسِيرُوا۟ فِى ٱلْأَرْضِ فَيَنظُرُوا۟
كَيْفَ كَانَ عَٰقِبَةُ ٱلَّذِينَ مِن قَبْلِهِمْ ۗ وَلَدَارُ
ٱلْءَاخِرَةِ خَيْرٌ لِّلَّذِينَ ٱتَّقَوْا۟ ۗ أَفَلَا تَعْقِلُونَ ﴿١٠٩﴾

110. ਜਦੋਂ ਰਸੂਲ (ਆਪਣੀ ਕੌਮ ਤੋਂ) ਨਿਰਾਸ਼ ਹੋ ਗਏ ਅਤੇ ਉਹ ਲੋਕ ਵੀ ਸਮਝਣ ਲੱਗ ਪਏ ਕਿ ਉਹਨਾਂ ਨੂੰ ਹਕੀਕਤ ਦੇ ਵਿਰੁੱਧ ਖ਼ਬਰ ਦਿੱਤੀ ਗਈ ਹੈ ਤਾਂ ਉਸ ਵੇਲੇ ਸਾਡੀ ਮਦਦ ਉਹਨਾਂ (ਰਸੂਲਾਂ) ਨੂੰ ਆ ਪਹੁੰਚੀ। ਫੇਰ (ਅਜ਼ਾਬ ਤੋਂ) ਬਚਾਓ ਉਸੇ ਦਾ ਹੋਇਆ ਜਿਸ ਨੂੰ ਅਸੀਂ ਚਾਹਿਆ ਪਰ ਅਪਰਾਧੀ ਕੌਮ ਤੋਂ ਅਜ਼ਾਬ ਟਲਿਆ ਨਹੀਂ ਕਰਦਾ।

حَتَّىٰٓ إِذَا ٱسْتَيْـَٔسَ ٱلرُّسُلُ وَظَنُّوٓا۟ أَنَّهُمْ قَدْ
كُذِبُوا۟ جَآءَهُمْ نَصْرُنَا فَنُجِّىَ مَن نَّشَآءُ ۖ
وَلَا يُرَدُّ بَأْسُنَا عَنِ ٱلْقَوْمِ ٱلْمُجْرِمِينَ ﴿١١٠﴾

لَقَدْ كَانَ فِي قَصَصِهِمْ عِبْرَةٌ لِّأُولِي الْأَلْبَابِ ۗ مَا كَانَ حَدِيثًا يُفْتَرَىٰ وَلَٰكِن تَصْدِيقَ الَّذِي بَيْنَ يَدَيْهِ وَتَفْصِيلَ كُلِّ شَيْءٍ وَهُدًى وَرَحْمَةً لِّقَوْمٍ يُؤْمِنُونَ ﴿١١١﴾

111 ਬੇਸ਼ੱਕ ਇਹਨਾਂ ਕਿੱਸਿਆਂ ਵਿਚ ਸਮਝ-ਬੂਝ ਰੱਖਣ ਵਾਲਿਆਂ ਲਈ ਵੱਡੀਆਂ ਸਿੱਖਿਆਵਾਂ ਹਨ। ਇਹ (.ਕੁਰਆਨ) ਕੋਈ ਘੜ੍ਹੀ ਹੋਈ ਗੱਲ ਨਹੀਂ, ਸਗੋਂ ਆਪਣੇ ਤੋਂ ਪਹਿਲੀਆਂ ਕਿਤਾਬਾਂ (ਜ਼ਬੂਰ, ਤੌਰੈਤ ਅਤੇ ਇੰਜੀਲ) ਦੀ ਪੁਸ਼ਟੀ ਕਰਦੀ ਹੈ ਅਤੇ ਹਰ ਗੱਲ ਦਾ ਵਿਆਖਣ ਵੀ ਹੈ ਅਤੇ ਈਮਾਨ ਵਾਲਿਆਂ ਲਈ (ਰੱਬੀ) ਹਿਦਾਇਤ ਤੇ ਰਹਿਮਤ ਹੈ।[1]

سُورَةُ الرَّعْدِ

13. ਸੂਰਤ ਅਰ-ਰਾਅਦ (ਮੱਕੀ-96)

(ਆਇਤਾਂ 43, ਰੁਕੂਅ 6)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

الٓمٓر ۚ تِلْكَ آيَاتُ الْكِتَابِ ۗ وَالَّذِي أُنزِلَ إِلَيْكَ مِن رَّبِّكَ الْحَقُّ وَلَٰكِنَّ أَكْثَرَ النَّاسِ لَا يُؤْمِنُونَ ﴿١﴾

1 ਅਲਿਫ਼, ਲਾਮ, ਰਾ। (ਹੇ ਨਬੀ!) ਇਹ (ਰੱਬੀ) ਕਿਤਾਬ (.ਕੁਰਆਨ) ਦੀਆਂ ਆਇਤਾਂ (ਆਦੇਸ਼) ਹਨ ਜੋ ਤੁਹਾਡੇ ਰੱਬ ਵੱਲੋਂ ਤੁਹਾਡੇ 'ਤੇ ਉਤਾਰੀਆਂ ਗਈਆਂ ਹਨ। ਉਹ ਹੱਕ ਸੱਚ ('ਤੇ ਆਧਾਰਿਤ) ਹਨ, ਪਰ ਵਧੇਰੇ ਲੋਕੀ ਫੇਰ ਵੀ ਈਮਾਨ ਨਹੀਂ ਲਿਆਉਂਦੇ।

اللَّهُ الَّذِي رَفَعَ السَّمَاوَاتِ بِغَيْرِ عَمَدٍ تَرَوْنَهَا ۖ ثُمَّ اسْتَوَىٰ عَلَى الْعَرْشِ ۖ وَسَخَّرَ الشَّمْسَ وَالْقَمَرَ ۖ

2. ਅੱਲਾਹ ਉਹ ਜ਼ਾਤ ਹੈ ਜਿਸ ਨੇ ਥੰਮ੍ਹਾਂ ਤੋਂ ਬਿਨਾਂ ਉਹਨਾਂ ਅਕਾਸ਼ਾਂ ਨੂੰ ਉੱਚਾ ਸਥਾਪਿਤ ਕੀਤਾ, ਜਿਹੜੇ (ਅਕਾਸ਼) ਤੁਹਾਨੂੰ ਵਿਖਾਈ ਦਿੰਦੇ ਹਨ।

---

[1] ਭਾਵ ਕੁਰਆਨ ਨੂੰ ਸਮਝਣਾ ਅਤੇ ਉਸ ਰਾਹੀਂ ਹਿਦਾਇਤ ਪ੍ਰਾਪਤ ਕਰਨਾ ਅੱਲਾਹ ਵੱਲੋਂ ਇਕ ਇਨਾਮ ਹੈ। ਜਿਵੇਂ ਹਦੀਸ ਵਿਚ ਹੈ ਕਿ ਜੇ ਅੱਲਾਹ ਕਿਸੇ ਨਾਲ ਭਲਾਈ ਕਰਨਾ ਚਾਹੁੰਦਾ ਹੈ ਤਾਂ ਉਸ ਨੂੰ ਦੀਨ ਦੀ ਸਮਝ ਬਖ਼ਸ਼ ਦਿੰਦਾ ਹੈ ਅਤੇ ਫ਼ਰਮਾਇਆ ਕਿ ਮੈਂ ਵੰਡਣ ਵਾਲਾ ਹਾਂ ਅਤੇ ਬਖ਼ਸ਼ਣਹਾਰ ਅੱਲਾਹ ਹੈ ਅਤੇ ਇਹ ਵੀ ਯਾਦ ਰੱਖੋ ਕਿ ਸੱਚੇ ਮੁਸਲਮਾਨ ਇਸਲਾਮ ਦੇ ਅਕੀਦਾ-ਏ-ਤੌਹੀਦ ਦੀ ਸਖ਼ਤੀ ਨਾਲ ਪੈਰਵੀ ਕਰਨਗੇ। ਉਹਨਾਂ ਦੇ ਵਿਰੋਧੀ ਉਹਨਾਂ ਨੂੰ ਕੋਈ ਹਾਨੀ ਨਹੀਂ ਪਹੁੰਚਾ ਸਕਣਗੇ। ਇੱਥੋਂ ਤੀਕ ਕਿ ਅੱਲਾਹ ਦੇ ਹੁਕਮ ਭਾਵ ਕਿਆਮਤ ਆ ਜਾਵੇਗੀ। (ਸਹੀ ਬੁਖ਼ਾਰੀ, ਹਦੀਸ: 71)

كُلٌّ يَّجْرِيْ لِاَجَلٍ مُّسَمًّى ۭ يُدَبِّرُ الْاَمْرَ يُفَصِّلُ
الْاٰيٰتِ لَعَلَّكُمْ بِلِقَاۗءِ رَبِّكُمْ تُوْقِنُوْنَ ۝2

ਫੇਰ ਉਹ ਆਪਣੀ ਰਾਜ ਗੱਦੀ 'ਤੇ ਵਿਰਾਜਮਾਨ ਹੋ ਗਿਆ ਅਤੇ ਸੂਰਜ ਤੇ ਚੰਨ ਨੂੰ ਕੰਮ 'ਤੇ ਲਾਇਆ। ਹਰੇਕ ਆਪਣੇ ਨਿਯਤ ਸਮੇਂ ਤੀਕ ਲਈ ਚੱਲ ਰਿਹਾ ਹੈ। ਉਹੀ ਹਰ ਕੰਮ ਦਾ ਪ੍ਰਬੰਧ ਕਰਦਾ ਹੈ ਅਤੇ ਆਪਣੀਆਂ ਨਿਸ਼ਾਨੀਆਂ ਵਿਸਥਾਰ ਨਾਲ ਵਰਣਨ ਕਰ ਰਿਹਾ ਹੈ ਤਾਂ ਜੋ ਤੁਸੀਂ ਆਪਣੇ ਰੱਬ ਦੀ ਮਿਲਣੀ 'ਤੇ ਵਿਸ਼ਵਾਸ ਕਰ ਲਵੋ।

وَهُوَ الَّذِيْ مَدَّ الْاَرْضَ وَجَعَلَ فِيْهَا رَوَاسِيَ
وَاَنْهٰرًا ۭ وَمِنْ كُلِّ الثَّمَرٰتِ جَعَلَ فِيْهَا زَوْجَيْنِ
اثْنَيْنِ يُغْشِي الَّيْلَ النَّهَارَ ۭ اِنَّ فِيْ ذٰلِكَ لَاٰيٰتٍ
لِّقَوْمٍ يَّتَفَكَّرُوْنَ ۝3

3. ਉਹੀ (ਅੱਲਾਹ) ਹੈ ਜਿਸ ਨੇ ਧਰਤੀ ਨੂੰ (ਫ਼ਰਸ਼ ਵਾਂਗ) ਵਿਛਾਇਆ ਹੈ ਅਤੇ ਇਸ ਵਿਚ ਪਹਾੜ ਤੇ ਨਹਿਰਾਂ ਨੂੰ ਬਣਾਇਆ ਅਤੇ ਇਸ ਵਿਚ ਭਾਂਤ-ਭਾਂਤ ਦੇ ਫਲਾਂ ਦੇ ਦੋ-ਦੋ ਜੋੜੇ ਬਣਾਏ। ਉਹ ਦਿਨ ਨੂੰ ਰਾਤ ਨਾਲ ਢੱਕਦਾ ਹੈ। ਬੇਸ਼ੱਕ ਇਸ ਵਿਚ ਉਹਨਾਂ ਲੋਕਾਂ ਲਈ ਬਥੇਰੀਆਂ ਨਿਸ਼ਾਨੀਆਂ ਹਨ, ਜਿਹੜੇ ਸੋਚ ਵਿਚਾਰ ਕਰਦੇ ਹਨ।

وَفِي الْاَرْضِ قِطَعٌ مُّتَجٰوِرٰتٌ وَّجَنّٰتٌ مِّنْ اَعْنَابٍ
وَّزَرْعٌ وَّنَخِيْلٌ صِنْوَانٌ وَّغَيْرُ صِنْوَانٍ يُّسْقٰى بِمَاۗءٍ
وَّاحِدٍ ۣ وَنُفَضِّلُ بَعْضَهَا عَلٰي بَعْضٍ فِي الْاُكُلِ ۭ
اِنَّ فِيْ ذٰلِكَ لَاٰيٰتٍ لِّقَوْمٍ يَّعْقِلُوْنَ ۝4

4. ਧਰਤੀ ਵਿਚ ਇਕ ਦੂਜੇ ਨਾਲ ਲੱਗਦੇ ਖੇਤ ਹਨ, ਅੰਗੂਰਾਂ ਦੇ ਬਾਗ਼, ਖੇਤੀਆਂ ਅਤੇ ਖਜੂਰਾਂ ਦੇ ਰੁੱਖ ਹਨ, ਜਿੰਨ੍ਹਾਂ ਦੀਆਂ ਜੜ੍ਹਾਂ ਆਪਸ ਵਿਚ ਮਿਲੀਆਂ ਹੋਈਆਂ ਹਨ ਅਤੇ ਅੱਡੋ-ਅੱਡ ਵੀ ਹਨ, ਇਹਨਾਂ ਸਾਰਿਆਂ ਨੂੰ ਇਕ ਹੀ ਪਾਣੀ ਸਿੰਜਦਾ ਹੈ। ਅਸੀਂ ਕੁੱਝ ਫਲਾਂ ਨੂੰ ਸੁਆਦ ਵਿਚ ਦੂਜੇ ਫਲਾਂ ਨਾਲੋਂ ਚੰਗੇਰਾ ਬਣਾ ਦਿੰਦੇ ਹਾਂ। ਬੇਸ਼ੱਕ ਇਹਨਾਂ ਚੀਜ਼ਾਂ ਵਿਚ ਉਹਨਾਂ ਲੋਕਾਂ ਲਈ ਨਿਸ਼ਾਨੀਆਂ ਹਨ, ਜਿਹੜੇ ਅਕਲ ਸਮਝ ਰੱਖਦੇ ਹਨ।

وَاِنْ تَعْجَبْ فَعَجَبٌ قَوْلُهُمْ ءَاِذَا كُنَّا تُرٰبًا
ءَاِنَّا لَفِيْ خَلْقٍ جَدِيْدٍ ڛ اُولٰۗىِٕكَ الَّذِيْنَ كَفَرُوْا
بِرَبِّهِمْ ۚ وَاُولٰۗىِٕكَ الْاَغْلٰلُ فِيْٓ اَعْنَاقِهِمْ ۚ وَاُولٰۗىِٕكَ
اَصْحٰبُ النَّارِ ۚ هُمْ فِيْهَا خٰلِدُوْنَ ۝5

5. ਜੇ ਤੁਸੀਂ ਅਚਰਜ ਕਰਨਾ ਹੀ ਹੈ ਤਾਂ ਅਚਰਜਯੋਗ ਤਾਂ ਉਹਨਾਂ (ਕਾਫ਼ਿਰਾਂ) ਦਾ ਇਹ ਕਹਿਣਾ ਹੈ ਕਿ ਜਦੋਂ ਅਸੀਂ (ਮਰ ਕੇ) ਮਿੱਟੀ ਹੋ ਜਾਵਾਂਗੇ ਤਾਂ ਕੀ ਸਾਨੂੰ ਨਵੇਂ ਸਿਰਿਓਂ ਪੈਦਾ ਕੀਤਾ ਜਾਵੇਗਾ? ਇਹੋ ਉਹ ਲੋਕ ਹਨ ਜਿਹੜੇ ਆਪਣੇ ਰੱਬ ਦੇ ਇਨਕਾਰੀ

ਹਨ ਅਤੇ ਇਹੋ ਹਨ ਜਿਨ੍ਹਾਂ ਦੀਆਂ ਗਰਦਨਾਂ ਵਿਚ (ਕਿਆਮਤ ਦਿਹਾੜੇ) ਪਟੇ ਪਏ ਹੋਣਗੇ ਅਤੇ ਇਹੋ ਨਰਕ ਵਿਚ ਜਾਣ ਵਾਲੇ ਹਨ, ਜਿੱਥੇ ਉਹ ਸਦਾ ਲਈ ਰਹਿਣਗੇ।

6. (ਹੇ ਨਬੀ!) ਉਹ ਲੋਕ ਤੁਹਾਥੋਂ ਭਲਾਈ (ਰੱਬ ਦੀ ਮਿਹਰ) ਤੋਂ ਪਹਿਲਾਂ ਬੁਰਾਈ (ਰੱਬੀ ਅਜ਼ਾਬ) ਚਾਹੁੰਦੇ ਹਨ, ਹਾਲਾਂ ਕਿ ਇਹਨਾਂ ਤੋਂ ਪਹਿਲਾਂ (ਅਜ਼ਾਬ ਦੀਆਂ ਸਿੱਖਿਆਦਾਇਕ) ਮਿਸਾਲਾਂ ਗੁਜ਼ਰ ਚੁੱਕੀਆਂ ਹਨ ਅਤੇ ਬੇਸ਼ੱਕ ਤੁਹਾਡਾ ਰੱਬ ਲੋਕਾਂ ਵੱਲੋਂ ਜ਼ਿਆਦਤੀਆਂ ਹੋਣ ਦੇ ਬਾਵਜੂਦ ਉਹਨਾਂ ਨੂੰ ਬਖ਼ਸ਼ਣ ਵਾਲਾ ਹੈ। (ਹਕੀਕਤ ਇਹ ਵੀ ਹੈ ਕਿ) ਬੇਸ਼ੱਕ ਤੁਹਾਡਾ ਰੱਬ ਕਰੜੀ ਸਜ਼ਾ ਦੇਣ ਵਾਲਾ ਹੈ।

وَيَسْتَعْجِلُونَكَ بِالسَّيِّئَةِ قَبْلَ الْحَسَنَةِ وَقَدْ خَلَتْ مِنْ قَبْلِهِمُ الْمَثُلَاتُ ۗ وَإِنَّ رَبَّكَ لَذُو مَغْفِرَةٍ لِلنَّاسِ عَلَىٰ ظُلْمِهِمْ ۖ وَإِنَّ رَبَّكَ لَشَدِيدُ الْعِقَابِ

7. ਕਾਫ਼ਿਰ ਲੋਕ ਕਹਿੰਦੇ ਹਨ ਕਿ ਇਸ (ਮੁਹੰਮਦ ਸ:) 'ਤੇ ਇਸ ਦੇ ਰੱਬ ਵੱਲੋਂ (ਨਬੀ ਹੋਣ ਦੀ) ਕੋਈ ਨਿਸ਼ਾਨੀ ਕਿਉਂ ਨਹੀਂ ਉਤਾਰੀ ਗਈ? (ਹੇ ਨਬੀ!) ਤੁਸੀਂ ਤਾਂ ਕੇਵਲ (ਰੱਬੀ ਅਜ਼ਾਬ ਤੋਂ) ਡਰਾਉਣ ਵਾਲੇ ਹੋ। (ਕਿਉਂ ਜੋ) ਹਰੇਕ ਕੌਮ ਲਈ (ਰੱਬ ਵੱਲੋਂ) ਇਕ ਮਾਰਗ ਦਰਸ਼ਕ ਹੁੰਦਾ ਹੈ।

وَيَقُولُ الَّذِينَ كَفَرُوا لَوْلَا أُنْزِلَ عَلَيْهِ آيَةٌ مِنْ رَبِّهِ ۗ إِنَّمَا أَنْتَ مُنْذِرٌ ۖ وَلِكُلِّ قَوْمٍ هَادٍ

8. ਹਰ ਮਦੀਨ ਜੋ ਵੀ ਆਪਣੇ ਗਰਭ ਵਿਚ ਚੁੱਕੀ ਫਿਰਦੀ ਹੈ, ਅੱਲਾਹ ਉਸ ਨੂੰ ਜਾਣਦਾ ਹੈ ਅਤੇ ਗਰਭਾਂ ਦਾ ਘਟਣਾ-ਵਧਣਾ ਵੀ (ਜਾਣਦਾ ਹੈ)। ਉਸ ਦੇ ਕੋਲ ਹਰ ਚੀਜ਼ ਲਈ ਇਕ ਪਰਿਮਾਣ ਨਿਸ਼ਚਿਤ ਹੈ।

اللَّهُ يَعْلَمُ مَا تَحْمِلُ كُلُّ أُنْثَىٰ وَمَا تَغِيضُ الْأَرْحَامُ وَمَا تَزْدَادُ ۖ وَكُلُّ شَيْءٍ عِنْدَهُ بِمِقْدَارٍ

9. ਉਹ ਗ਼ੈਬ (ਪਰੋਖ) ਤੇ ਜ਼ਾਹਿਰ (ਪਰਤੱਖ) ਦਾ ਜਾਨਣ ਵਾਲਾ ਹੈ। ਉਹ ਮਹਾਨ ਤੇ ਸਰਵਉੱਚ ਹੈ।

عَالِمُ الْغَيْبِ وَالشَّهَادَةِ الْكَبِيرُ الْمُتَعَالِ

10. ਤੁਹਾਡੇ ਵਿੱਚੋਂ ਭਾਵੇਂ ਕੋਈ ਹੌਲੀ-ਹੌਲੀ ਗੱਲਾਂ ਕਰੇ ਜਾਂ ਉੱਚੀ-ਉੱਚੀ, ਅਤੇ ਭਾਵੇਂ ਕੋਈ ਰਾਤ ਦੇ

سَوَاءٌ مِنْكُمْ مَنْ أَسَرَّ الْقَوْلَ وَمَنْ جَهَرَ بِهِ وَمَنْ هُوَ مُسْتَخْفٍ بِاللَّيْلِ وَسَارِبٌ بِالنَّهَارِ

ਹਨੇਰਿਆਂ ਵਿਚ ਲੁਕਿਆ ਹੋਵੇ ਜਾਂ ਦਿਨ ਦੇ ਚਾਨਣੇ ਵਿਚ ਚੱਲ ਰਿਹਾ ਹੋਵੇ, ਅੱਲਾਹ ਲਈ ਸਭ ਇਕ ਸਮਾਨ ਹੈ।

لَهُ مُعَقِّبَاتٌ مِّن بَيْنِ يَدَيْهِ وَمِنْ خَلْفِهِ
يَحْفَظُونَهُ مِنْ أَمْرِ اللَّهِ ۗ إِنَّ اللَّهَ لَا يُغَيِّرُ
مَا بِقَوْمٍ حَتَّىٰ يُغَيِّرُوا مَا بِأَنفُسِهِمْ ۗ وَإِذَا أَرَادَ
اللَّهُ بِقَوْمٍ سُوءًا فَلَا مَرَدَّ لَهُ ۚ وَمَا لَهُم مِّن
دُونِهِ مِن وَالٍ ﴿١١﴾

11. ਉਸ (ਮਨੁੱਖ) ਲਈ ਵਾਰੀ ਵਾਰੀ ਆਉਣ ਵਾਲੇ ਫ਼ਰਿਸ਼ਤੇ ਹਨ ਜਿਹੜੇ ਉਸ ਦੇ ਅੱਗੇ ਪਿੱਛੇ ਲੱਗੇ ਹੋਏ ਹਨ ਅੱਲਾਹ ਦੇ ਹੁਕਮ ਨਾਲ ਉਸ ਦੀ ਦੇਖ ਭਾਲ ਕਰਦੇ ਹਨ।[1] ਅੱਲਾਹ ਕਿਸੇ ਕੌਮ ਦੀ ਹਾਲਤ ਉਦੋਂ ਤਕ ਨਹੀਂ ਬਦਲਦਾ ਜਦੋਂ ਤੀਕ ਉਹ ਆਪਣੇ ਮਨ ਦੀ ਅਵਸਥਾ ਨੂੰ ਨਹੀਂ ਬਦਲਦੀ। ਜਦੋਂ ਅੱਲਾਹ ਕਿਸੇ ਕੌਮ ਨਾਲ ਬੁਰਾਈ (ਅਜ਼ਾਬ) ਦਾ ਇਰਾਦਾ ਕਰਦਾ ਹੈ ਤਾਂ ਫੇਰ ਉਸ ਨੂੰ ਟਾਲਣ ਵਾਲਾ ਕੋਈ ਨਹੀਂ ਅਤੇ ਉਹਨਾਂ ਲਈ ਉਸ (ਅੱਲਾਹ) ਤੋਂ ਛੁੱਟ ਕੋਈ ਕਾਰਜ ਸਾਧਕ ਵੀ ਨਹੀਂ।

هُوَ الَّذِي يُرِيكُمُ الْبَرْقَ خَوْفًا وَطَمَعًا
وَيُنشِئُ السَّحَابَ الثِّقَالَ ﴿١٢﴾

12 (ਅੱਲਾਹ) ਉਹੀਓ ਹੈ ਜਿਹੜਾ ਤੁਹਾਨੂੰ ਡਰਾਉਣ ਲਈ ਅਤੇ ਆਸਾਂ ਜਗਾਉਣ ਲਈ ਬਿਜਲੀਆਂ (ਦੀ ਲਿਸ਼ਕ) ਵਿਖਾਉਂਦਾ ਹੈ ਅਤੇ (ਪਾਣੀ ਨਾਲ) ਲੱਦੇ ਹੋਏ ਬੱਦਲ ਉਠਾਉਂਦਾ ਹੈ।

وَيُسَبِّحُ الرَّعْدُ بِحَمْدِهِ وَالْمَلَائِكَةُ مِنْ خِيفَتِهِ
وَيُرْسِلُ الصَّوَاعِقَ فَيُصِيبُ بِهَا مَن يَشَاءُ وَهُمْ
يُجَادِلُونَ فِي اللَّهِ وَهُوَ شَدِيدُ الْمِحَالِ ﴿١٣﴾

13 ਬੱਦਲਾਂ ਦੀ ਗੜਕ[2] ਉਸ ਦੀ ਉਸਤਤ ਦੇ ਨਾਲ ਉਸ ਦੀ ਤਸਬੀਹ (ਪਾਕੀ ਬਿਆਨ) ਕਰਦੀ ਹੈ ਅਤੇ ਫ਼ਰਿਸ਼ਤੇ ਵੀ ਉਹਦੇ ਡਰ ਭੈਅ ਤੋਂ (ਕੰਬਦੇ ਹੋਏ) ਉਹਦੀ ਤਸਬੀਹ ਕਰਦੇ ਹਨ। ਉਹੀ (ਅਕਾਸ਼ੋਂ) ਕੜਕਦੀਆਂ ਬਿਜਲੀਆਂ ਭੇਜਦਾ ਹੈ ਅਤੇ ਜਿਸ (ਥਾਂ) 'ਤੇ ਵੀ ਚਾਹੁੰਦਾ ਹੈ ਡੇਗ ਦਿੰਦਾ ਹੈ ਜਦ ਕਿ ਉਹ (ਕਾਫ਼ਿਰ) ਅੱਲਾਹ ਬਾਰੇ ਝਗੜ

---

[1] ਵੇਖੋ ਸੂਰਤ ਅਲ-ਅਨਾਮ, ਹਾਸ਼ੀਆ ਆਇਤ 61/6

[2] ਕੁੱਝ ਕੁਰਆਨ ਦੇ ਵਿਆਖਿਆਕਾਰਾਂ ਦਾ ਕਹਿਣਾ ਹੈ ਕਿ ਅਲ-ਰਾਅਦ ਇਕ ਫ਼ਰਿਸ਼ਤੇ ਦਾ ਨਾਂ ਹੈ, ਜਿਹੜਾ ਬੱਦਲਾਂ ਲਈ ਰੱਖ ਛੱਡਿਆ ਹੈ, ਉਹ ਅੱਲਾਹ ਦੇ ਹੁਕਮਾਂ ਅਨੁਸਾਰ ਬੱਦਲਾਂ ਨੂੰ ਇਕ ਥਾਂ ਤੋਂ ਦੂਜੀ ਥਾਂ ਲੈ ਕੇ ਜਾਂਦਾ ਹੈ ਅਤੇ ਅੱਲਾਹ ਦੀ ਪਵਿੱਤਰਤਾ ਤੇ ਵਡਿਆਈ ਦਾ ਸਿਮਰਨ ਕਰਦਾ ਰਹਿੰਦਾ ਹੈ। (ਤਫ਼ਸੀਰ ਅਲ-ਕੁਰਤਬੀ 298/9)

ਰਹੇ ਹੁੰਦੇ ਹਨ, ਵਾਸਤਵ ਵਿਚ ਉਸ ਦੀ ਚਾਲ ਜ਼ਬਰਦਸਤ ਹੁੰਦੀ ਹੈ।

لَهٗ دَعْوَةُ الْحَقِّ ۭ وَالَّذِيْنَ يَدْعُوْنَ مِنْ دُوْنِهٖ
لَا يَسْتَجِيْبُوْنَ لَهُمْ بِشَيْءٍ اِلَّا كَبَاسِطِ كَفَّيْهِ
اِلَى الْمَاۗءِ لِيَبْلُغَ فَاهُ وَمَا هُوَ بِبَالِغِهٖ ۭ وَمَا
دُعَاۗءُ الْكٰفِرِيْنَ اِلَّا فِيْ ضَلٰلٍ ﴿14﴾

14. ਉਸੇ (ਅੱਲਾਹ) ਨੂੰ (ਹਰ ਲੋੜ ਲਈ) ਪੁਕਾਰਨ ਦਾ ਹੱਕ ਬਣਦਾ ਹੈ। ਜਿਹੜੇ ਲੋਕ ਉਸ ਨੂੰ ਛੱਡ ਕੇ ਹੋਰਾ ਇਸ਼ਟਾਂ ਨੂੰ ਪੁਕਾਰਦੇ ਹਨ ਉਹ ਉਹਨਾਂ ਦੇ ਕਿਸੇ ਵੀ ਗੱਲ ਦਾ ਉੱਤਰ ਨਹੀਂ ਦੇ ਸਕਦੇ। ਜਿਵੇਂ ਕੋਈ ਵਿਅਕਤੀ ਆਪਣੇ ਦੋਹਾਂ ਹੱਥਾਂ ਨੂੰ ਪਾਣੀ ਵੱਲ ਪਸਾਰ ਕੇ ਬੇਨਤੀ ਕਰੇ ਕਿ ਪਾਣੀ ਉਸ ਦੇ ਮੂੰਹ ਤੀਕ ਪੁੱਜ ਜਾਵੇ ਜਦੋਂ ਕਿ ਉਹ (ਪਾਣੀ) ਉਸ ਦੇ ਮੂੰਹ ਤੀਕ ਪੁਜਣ ਜੋਗਾ ਨਹੀਂ। (ਇਸੇ ਤਰ੍ਹਾਂ) ਇਨਕਾਰੀਆਂ ਦੀਆਂ ਜਿੰਨੀਆਂ ਵੀ ਅਰਦਾਸਾਂ ਹਨ ਉਹ ਸਾਰੀਆਂ ਗੁਮਰਾਹੀ ਵਾਲੀਆਂ ਹਨ।

وَلِلّٰهِ يَسْجُدُ مَنْ فِي السَّمٰوٰتِ وَالْاَرْضِ طَوْعًا
وَّكَرْهًا وَّظِلٰلُهُمْ بِالْغُدُوِّ وَالْاٰصَالِ ﴿15﴾

15 ਅੱਲਾਹ ਨੂੰ ਹੀ ਧਰਤੀ ਤੇ ਅਕਾਸ਼ਾਂ ਦੀਆਂ ਸਾਰੀਆਂ ਚੀਜ਼ਾਂ, ਚਾਹੁੰਦੀਆਂ ਤੇ ਨਾ ਚਾਹੁੰਦੀਆਂ, ਸਿਜਦਾ ਕਰਦੀਆਂ ਹਨ ਅਤੇ ਉਹਨਾਂ ਚੀਜ਼ਾਂ ਦੇ ਪਰਛਾਵੇਂ ਵੀ ਸੰਝ-ਸਵੇਰੇ (ਉਹਦੇ ਅੱਗੇ ਝੁਕਦੇ ਹਨ)।

قُلْ مَنْ رَّبُّ السَّمٰوٰتِ وَالْاَرْضِ ۭ قُلِ اللّٰهُ ۭ
قُلْ اَفَاتَّخَذْتُمْ مِّنْ دُوْنِهٖٓ اَوْلِيَاۗءَ لَا يَمْلِكُوْنَ
لِاَنْفُسِهِمْ نَفْعًا وَّلَا ضَرًّا ۭ قُلْ هَلْ يَسْتَوِي
الْاَعْمٰى وَالْبَصِيْرُ ڏ اَمْ هَلْ تَسْتَوِي الظُّلُمٰتُ
وَالنُّوْرُ ڬ اَمْ جَعَلُوْا لِلّٰهِ شُرَكَاۗءَ خَلَقُوْا
كَخَلْقِهٖ فَتَشَابَهَ الْخَلْقُ عَلَيْهِمْ ۭ قُلِ اللّٰهُ
خَالِقُ كُلِّ شَيْءٍ وَّهُوَ الْوَاحِدُ الْقَهَّارُ ﴿16﴾

16. (ਹੇ ਨਬੀ!) ਤੁਸੀਂ ਇਹਨਾਂ ਤੋਂ ਪੁੱਛੋ ਕਿ ਅਕਾਸ਼ਾਂ ਤੇ ਧਰਤੀ ਦਾ ਰੱਬ (ਸਿਰਜਨਹਾਰ) ਕੌਣ ਹੈ? ਤੁਸੀਂ ਆਖ ਦਿਓ ਕਿ ਅੱਲਾਹ ਹੈ। ਫਿਰ ਇਹਨਾਂ ਨੂੰ ਆਖੋ, ਕੀ ਤੁਸੀਂ ਅੱਲਾਹ ਤੋਂ ਛੁੱਟ ਉਹ ਹਿਮਾਇਤੀ ਬਣਾਏ ਹੋਏ ਹਨ ਜਿਹੜੇ ਆਪਣੀ ਜ਼ਾਤ ਲਈ ਵੀ ਲਾਭ-ਹਾਣ ਦਾ ਅਧਿਕਾਰ ਨਹੀਂ ਰੱਖਦੇ। ਪੁੱਛੋ ਕੀ ਅੰਨ੍ਹਾ ਤੇ ਸੁਜਾਖਾ ਇਕ ਸਮਾਨ ਹੋ ਸਕਦਾ ਹੈ? ਜਾਂ ਕੀ ਹਨੇਰਾ ਤੇ ਚਾਨਣ ਇਕ ਬਰਾਬਰ ਹੋ ਸਕਦਾ ਹੈ? ਜਿਨ੍ਹਾਂ ਨੂੰ ਤੁਸੀਂ ਅੱਲਾਹ ਦਾ ਸ਼ਰੀਕ ਬਣਾਇਆ ਹੋ ਕੀ ਉਹਨਾਂ ਨੇ ਵੀ ਅੱਲਾਹ ਵਾਂਗ ਕਿਸੇ ਨੂੰ ਸਾਜਿਆ ਹੈ? ਜਿਸ ਕਾਰਨ

ਰੱਬ ਵੱਲੋਂ ਸਾਜਿਆ ਹੋਇਆ (ਕੁੱਲ ਜਹਾਨ) ਉਹਨਾਂ ਲਈ ਇੱਕ ਸ਼ੁਬਾਹ ਵਾਲਾ ਹੋ ਗਿਆ ਹੈ? (ਹੇ ਨਬੀ!) ਆਖ ਦਿਓ ਕਿ ਕੇਵਲ ਅੱਲਾਹ ਹੀ ਸਾਰੀਆਂ ਚੀਜ਼ਾਂ ਦਾ ਖ਼ਾਲਿਕ (ਸਿਰਜਨਹਾਰ) ਹੈ। ਉਹ ਇੱਕੋ -ਇੱਕ ਹੈ ਤੇ ਸਭਨਾਂ 'ਤੇ ਭਾਰੂ ਹੈ।

17 ਉਸੇ (ਅੱਲਾਹ) ਨੇ ਅਕਾਸ਼ ਤੋਂ ਪਾਣੀ ਨਾਜ਼ਲ ਕੀਤਾ ਅਤੇ ਆਪਣੀ ਆਪਣੀ ਸਮਾਈ ਅਨੁਸਾਰ ਨਦੀ ਨਾਲੇ (ਉਸ ਪਾਣੀ ਨੂੰ ਲੈ ਕੇ) ਵਗਣ ਲਗ ਪਏ, ਫੇਰ ਜਦੋਂ ਹੜ੍ਹ ਆਇਆ ਤਾਂ ਉੱਤੇ ਝੱਗ ਆ ਗਈ। ਇਸੇ ਪ੍ਰਕਾਰ ਦੀ ਝੱਗ ਉਹਨਾਂ ਧਾਤਾਂ ਤੋਂ ਵੀ ਉਠਦੀ ਹੈ ਜਿਨ੍ਹਾਂ ਨੂੰ ਗਿਹਣੇ ਜਾਂ ਦੂਜੇ ਸਮਾਨ ਬਣਾਉਣ ਲਈ ਅੱਗ ਵਿਚ ਢਾਲਿਆ ਜਾਂਦਾ ਹੈ। ਇਸ ਪ੍ਰਕਾਰ ਅੱਲਾਹ ਸੱਚ ਤੇ ਝੂਠ ਦੀ ਉਦਾਹਰਨ ਦਿੰਦਾ ਹੈ। ਸੋ ਜਿਹੜੀ ਝੱਗ ਹੈ ਉਹ ਸੁੱਕ ਕੇ ਉੱਡ ਜਾਂਦੀ ਹੈ ਪਰ ਜਿਹੜੀ ਚੀਜ਼ ਲੋਕਾਂ ਨੂੰ ਲਾਭ ਦੇਣ ਵਾਲੀ ਹੈ, ਉਹ ਧਰਤੀ 'ਤੇ ਰਹਿ ਜਾਂਦੀ ਹੈ।[1] ਅੱਲਾਹ ਇੰਜ ਹੀ ਉਦਾਹਰਣਾਂ ਦਿੰਦਾ ਹੈ (ਤਾਂ ਜੋ ਸਮਝਣ ਵਿਚ ਆਸਾਨੀ ਹੋਵੇ)।

أَنزَلَ مِنَ السَّمَاءِ مَاءً فَسَالَتْ أَوْدِيَةٌ بِقَدَرِهَا
فَاحْتَمَلَ السَّيْلُ زَبَدًا رَّابِيًا ۚ وَمِمَّا يُوقِدُونَ عَلَيْهِ
فِي النَّارِ ابْتِغَاءَ حِلْيَةٍ أَوْ مَتَاعٍ زَبَدٌ مِّثْلُهُ ۚ
كَذَٰلِكَ يَضْرِبُ اللَّهُ الْحَقَّ وَالْبَاطِلَ ۚ فَأَمَّا الزَّبَدُ
فَيَذْهَبُ جُفَاءً ۖ وَأَمَّا مَا يَنفَعُ النَّاسَ فَيَمْكُثُ
فِي الْأَرْضِ ۚ كَذَٰلِكَ يَضْرِبُ اللَّهُ الْأَمْثَالَ ۝

18 ਜਿਨ੍ਹਾਂ ਲੋਕਾਂ ਨੇ ਆਪਣੇ ਪਾਲਣਹਾਰ ਦਾ ਹੁਕਮ ਮੰਨਿਆ, ਉਹਨਾਂ ਲਈ ਭਲਾਈ ਹੈ ਅਤੇ ਜਿਨ੍ਹਾਂ ਨੇ ਉਸ ਦਾ ਹੁਕਮ ਨਹੀਂ ਮੰਨਿਆਂ, ਜੇਕਰ ਉਹਨਾਂ ਕੋਲ ਉਹ ਸਭ ਕੁੱਝ ਹੋਵੇ ਜੋ ਧਰਤੀ 'ਤੇ ਹੈ ਅਤੇ ਉੱਨਾਂ ਹੀ ਹੋਰ ਹੋਵੇ ਤਾਂ ਉਹ ਸਭ ਕੁੱਝ (ਕਿਆਮਤ ਦਿਹਾੜੇ) ਫ਼ਿਦਿਆ (ਛੁਡਵਾਈ ਵਜੋਂ) ਦੇਣ ਲਈ ਤਿਆਰ ਹੋ ਜਾਣਗੇ।[2] ਇਹੋ ਉਹ ਲੋਕ ਹਨ ਜਿਨ੍ਹਾਂ ਤੋਂ ਕਰੜਾਈ ਵਾਲਾ ਹਿਸਾਬ ਲਿਆ

لِلَّذِينَ اسْتَجَابُوا لِرَبِّهِمُ الْحُسْنَىٰ ۚ وَالَّذِينَ
لَمْ يَسْتَجِيبُوا لَهُ لَوْ أَنَّ لَهُم مَّا فِي الْأَرْضِ جَمِيعًا
وَمِثْلَهُ مَعَهُ لَافْتَدَوْا بِهِ ۚ أُولَٰئِكَ لَهُمْ
سُوءُ الْحِسَابِ وَمَأْوَاهُمْ جَهَنَّمُ ۖ وَبِئْسَ
الْمِهَادُ ۝

[1] ਜਿਵੇਂ ਸੱਚਾਈ ਹੈ। ਵੇਖੋ ਸੂਰਤ ਅਲ-ਤੌਬਾ, ਹਾਸ਼ੀਆ ਆਇਤ 119/9

[2] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 91/3

ਜਾਵੇਗਾ ਅਤੇ ਉਨ੍ਹਾਂ ਦਾ ਟਿਕਾਣਾ ਨਰਕ ਹੈ ਅਤੇ ਉਹ ਬਹੁਤ ਹੀ ਭੈੜਾ ਟਿਕਾਣਾ ਹੈ।

19 (ਹੇ ਨਬੀ!) ਉਹ ਵਿਅਕਤੀ ਜਿਹੜਾ ਇਹ ਗਿਆਨ ਰੱਖਦਾ ਹੈ ਕਿ ਤੁਹਾਡੇ ਰੱਬ ਨੇ ਜੋ ਵੀ ਤੁਹਾਡੇ 'ਤੇ (ਕੁਰਆਨ) ਉਤਾਰਿਆ ਹੈ ਉਹੀਓ ਹੱਕ ਹੈ, ਕੀ ਉਹ ਵਿਅਕਤੀ ਅੰਨ੍ਹਿਆਂ ਵਾਂਗ ਹੋ ਸਕਦਾ ਹੈ? ਸਿੱਖਿਆ ਤਾਂ ਉਹੀਓ ਪ੍ਰਾਪਤ ਕਰ ਸਕਦੇ ਹਨ ਜਿਹੜੇ ਸੂਝ-ਬੂਝ ਵਾਲੇ ਹਨ।

أَفَمَن يَعْلَمُ أَنَّمَا أُنزِلَ إِلَيْكَ مِن رَّبِّكَ الْحَقُّ
كَمَنْ هُوَ أَعْمَىٰ ۚ إِنَّمَا يَتَذَكَّرُ أُولُو الْأَلْبَابِ ﴿19﴾

20 ਉਹ (ਲੋਕ ਸੂਝਵਾਨ ਹਨ) ਜਿਹੜੇ ਅੱਲਾਹ ਨੂੰ ਦਿੱਤੇ ਵਚਨਾਂ ਨੂੰ ਪੂਰਾ ਕਰਦੇ ਹਨ ਅਤੇ ਪੱਕੇ ਵਾਅਦਿਆਂ ਨੂੰ ਤੋੜਦੇ ਨਹੀਂ।

الَّذِينَ يُوفُونَ بِعَهْدِ اللَّهِ وَلَا يَنقُضُونَ
الْمِيثَاقَ ﴿20﴾

21. ਅਤੇ ਜਿਨ੍ਹਾਂ ਸੰਬੰਧਾਂ ਨੂੰ ਅੱਲਾਹ ਨੇ ਜੋੜਨ ਦਾ ਹੁਕਮ ਦਿੱਤਾ ਹੈ ਉਹਨਾਂ (ਰਿਸ਼ਤਿਆਂ) ਨੂੰ ਉਹ ਜੋੜੀਂ ਰੱਖਦੇ ਹਨ, ਉਹ ਆਪਣੇ ਪਾਲਣਹਾਰ ਤੋਂ ਡਰਦੇ ਹਨ ਅਤੇ (ਕਿਆਮਤ ਦਿਹਾੜੇ) ਕਰੜਾਈ ਵਾਲੀ ਪੁੱਛ ਗਿੱਛ ਦਾ ਭੈਅ ਵੀ ਰੱਖਦੇ ਹਨ।

وَالَّذِينَ يَصِلُونَ مَا أَمَرَ اللَّهُ بِهِ أَن يُوصَلَ
وَيَخْشَوْنَ رَبَّهُمْ وَيَخَافُونَ سُوءَ الْحِسَابِ ﴿21﴾

22. ਜੋ ਆਪਣੇ ਰੱਬ ਦੀ ਰਜ਼ਾ ਪ੍ਰਾਪਤ ਕਰਨ ਲਈ ਸਬਰ ਤੋਂ ਕੰਮ ਲੈਂਦੇ ਹਨ, ਨਮਾਜ਼ਾਂ ਨੂੰ ਕਾਇਮ ਕਰਦੇ ਹਨ ਅਤੇ ਜੋ ਵੀ ਅਸੀਂ ਉਹਨਾਂ ਨੂੰ (ਮਾਲ ਦੌਲਤ) ਦੇ ਰੱਖਿਆ ਹੈ ਉਸ ਨੂੰ ਗੁਪਤ ਰੂਪ ਵਿਚ ਵੀ ਤੇ ਖੁੱਲ੍ਹੇ-ਆਮ ਵੀ ਖ਼ਰਚ ਕਰਦੇ ਹਨ ਅਤੇ ਬੁਰਾਈ ਨੂੰ ਚੰਗਿਆਈ ਨਾਲ ਪਰਾਂ ਕਰਦੇ ਹਨ, ਉਹਨਾਂ ਸੂਝਵਾਨ ਲੋਕਾਂ ਲਈ ਹੀ ਪਰਲੋਕ ਦਾ ਵਧੀਆ ਘਰ ਹੈ।

وَالَّذِينَ صَبَرُوا ابْتِغَاءَ وَجْهِ رَبِّهِمْ وَأَقَامُوا
الصَّلَاةَ وَأَنفَقُوا مِمَّا رَزَقْنَاهُمْ سِرًّا وَعَلَانِيَةً
وَيَدْرَءُونَ بِالْحَسَنَةِ السَّيِّئَةَ أُولَٰئِكَ لَهُمْ
عُقْبَى الدَّارِ ﴿22﴾

23. ਉਹਨਾਂ ਲਈ ਉਹ ਸਦੀਵੀ ਬਾਗ਼ ਹਨ, ਜਿਨ੍ਹਾਂ ਵਿਚ ਉਹ ਆਪ ਵੀ ਪ੍ਰਵੇਸ਼ ਕਰਨਗੇ ਅਤੇ ਉਹਨਾਂ ਦੇ ਪਿਓ, ਦਾਦੇ, ਉਹਨਾਂ ਦੀਆਂ ਪਤਨੀਆਂ ਤੇ ਉਹਨਾਂ ਦੀ ਸੰਤਾਨ ਵਿੱਚੋਂ ਜਿਹੜੇ ਨੇਕ ਹੋਣਗੇ

جَنَّاتُ عَدْنٍ يَدْخُلُونَهَا وَمَن صَلَحَ مِنْ
آبَائِهِمْ وَأَزْوَاجِهِمْ وَذُرِّيَّاتِهِمْ ۖ وَالْمَلَائِكَةُ
يَدْخُلُونَ عَلَيْهِم مِّن كُلِّ بَابٍ ﴿23﴾

ਉਹ ਸਭ ਪ੍ਰਵੇਸ਼ ਕਰਨਗੇ ਤੇ ਫ਼ਰਿਸ਼ਤੇ (ਜੰਨਤ) ਦੇ ਹਰ ਬੂਹੇ ਤੋਂ (ਸੁਆਗਤ ਲਈ) ਉਹਨਾਂ ਕੋਲ ਆਉਣਗੇ।

24. (ਉਹ ਫ਼ਰਿਸ਼ਤੇ) ਆਖਣਗੇ ਕਿ ਤੁਹਾਡੇ 'ਤੇ ਸਲਾਮਤੀ ਹੋਵੇ, ਇਸ ਲਈ ਕਿ ਤੁਸੀਂ (ਸੰਸਾਰ ਵਿਚ) ਸਬਰ ਤੋਂ ਕੰਮ ਲਿਆ। ਸੋ (ਇਸ ਕਾਰਨ) ਤੁਹਾਡੇ ਲਈ ਬਹੁਤ ਹੀ ਸੋਹਣਾ ਆਖ਼ਿਰਤ ਦਾ ਘਰ ਹੈ।

سَلَٰمٌ عَلَيۡكُم بِمَا صَبَرۡتُمۡۚ فَنِعۡمَ عُقۡبَى ٱلدَّارِ ٢٤

25. ਜਿਹੜੇ ਲੋਕੀ ਅੱਲਾਹ ਨਾਲ ਕੀਤੇ ਹੋਏ ਪੱਕੇ ਵਚਨਾਂ ਨੂੰ ਤੋੜ ਦਿੰਦੇ ਹਨ ਅਤੇ ਜਿਨ੍ਹਾਂ ਸੰਬੰਧਾਂ ਨੂੰ ਜੋੜਨ ਲਈ ਅੱਲਾਹ ਨੇ ਹੁਕਮ ਦਿੱਤਾ ਹੈ ਉਸ ਨੂੰ ਤੋੜਦੇ ਹਨ ਅਤੇ ਧਰਤੀ ਉੱਤੇ ਫ਼ਸਾਦ ਫੈਲਾਉਂਦੇ ਹਨ,[1] ਉਹਨਾਂ ਲਈ ਲਾਅਨਤਾਂ ਹਨ ਅਤੇ ਉਹਨਾਂ ਲਈ ਪਰਲੋਕ ਵਿਚ ਵੱਡਾ ਭੈੜਾ ਟਿਕਾਣਾ ਹੈ।

وَٱلَّذِينَ يَنقُضُونَ عَهۡدَ ٱللَّهِ مِنۢ بَعۡدِ مِيثَٰقِهِۦ
وَيَقۡطَعُونَ مَآ أَمَرَ ٱللَّهُ بِهِۦٓ أَن يُوصَلَ
وَيُفۡسِدُونَ فِي ٱلۡأَرۡضِ أُوْلَٰٓئِكَ لَهُمُ ٱللَّعۡنَةُ
وَلَهُمۡ سُوٓءُ ٱلدَّارِ ٢٥

26. ਅੱਲਾਹ ਜਿਸ ਨੂੰ ਚਾਹੁੰਦਾ ਹੈ ਖੁੱਲ੍ਹਾ-ਡੁੱਲ੍ਹਾ ਤੇ ਜਿਸ ਨੂੰ ਚਾਹੁੰਦਾ ਹੈ ਗਿਣਵਾਂ ਮਿਣਵਾਂ ਰਿਜ਼ਕ ਦਿੰਦਾ ਹੈ। ਇਹ (ਕਾਫ਼ਿਰ) ਲੋਕ ਤਾਂ ਸੰਸਾਰਿਕ ਜੀਵਨ 'ਤੇ ਹੀ ਖ਼ੁਸ਼ ਹਨ ਜਦੋਂ ਕਿ ਇਹ ਸੰਸਾਰ ਜੀਵਨ ਆਖ਼ਿਰਤ (ਪਰਲੋਕ) ਦੇ ਮੁਕਾਬਲੇ ਵਿਚ ਇਕ ਨਾ-ਮਾਤਰ ਚੀਜ਼ ਹੈ।

ٱللَّهُ يَبۡسُطُ ٱلرِّزۡقَ لِمَن يَشَآءُ وَيَقۡدِرُۚ
وَفَرِحُواْ بِٱلۡحَيَوٰةِ ٱلدُّنۡيَا وَمَا ٱلۡحَيَوٰةُ ٱلدُّنۡيَا
فِي ٱلۡأٓخِرَةِ إِلَّا مَتَٰعٞ ٢٦

27. ਕਾਫ਼ਿਰ ਆਖਦੇ ਹਨ ਕਿ ਇਸ (ਮੁਹੰਮਦ ਸ:) ਦੇ ਰੱਬ ਵੱਲੋਂ ਕੋਈ ਨਿਸ਼ਾਨੀ (ਨਬੀ ਹੋਣ ਦੀ) ਕਿਉਂ ਨਹੀਂ ਉਤਾਰੀ ਗਈ? (ਹੇ ਨਬੀ! ਕਾਫ਼ਿਰਾਂ ਨੂੰ) ਆਖੋ ਕਿ ਅੱਲਾਹ ਜਿਸ ਨੂੰ ਚਾਹੁੰਦਾ ਹੈ ਕੁਰਾਹੇ ਪਾ ਦਿੰਦਾ ਹੈ ਅਤੇ ਜਿਹੜਾ ਉਸ ਵੱਲ ਪਰਤ ਆਉਂਦਾ ਹੈ, ਉਸ ਨੂੰ ਸਿੱਧੀ ਰਾਹ ਦਰਸਾਉਂਦਾ ਹੈ।

وَيَقُولُ ٱلَّذِينَ كَفَرُواْ لَوۡلَآ أُنزِلَ عَلَيۡهِ ءَايَةٞ
مِّن رَّبِّهِۦۚ قُلۡ إِنَّ ٱللَّهَ يُضِلُّ مَن يَشَآءُ
وَيَهۡدِيٓ إِلَيۡهِ مَنۡ أَنَابَ ٢٧

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 27/2

28. ਜਿਹੜੇ ਲੋਕੀ ਈਮਾਨ ਲਿਆਏ ਉਹਨਾਂ ਦੇ ਹਿਰਦਿਆਂ ਨੂੰ ਅੱਲਾਹ ਦੇ ਸਿਮਰਨ ਨਾਲ ਹੀ ਸ਼ਾਂਤੀ ਪ੍ਰਾਪਤ ਹੁੰਦੀ ਹੈ। (ਹੇ ਲੋਕੋ!) ਚੇਤੇ ਰੱਖੋ ਕਿ ਅੱਲਾਹ ਦਾ ਸਿਮਰਨ ਕਰਨ ਨਾਲ ਹੀ ਮਨਾਂ ਨੂੰ ਸ਼ਾਂਤੀ ਪ੍ਰਾਪਤ ਹੁੰਦੀ ਹੈ।[1]

ٱلَّذِينَ ءَامَنُوا۟ وَتَطْمَئِنُّ قُلُوبُهُم بِذِكْرِ
ٱللَّهِ ۗ أَلَا بِذِكْرِ ٱللَّهِ تَطْمَئِنُّ ٱلْقُلُوبُ ﴿٢٨﴾

29. ਜਿਹੜੇ ਲੋਕ ਈਮਾਨ ਲਿਆਏ ਅਤੇ (ਉਹਨਾਂ ਨੇ) ਨੇਕ ਕੰਮ ਵੀ ਕੀਤੇ ਉਹਨਾਂ ਲਈ ਭਲਾਈ ਹੀ ਭਲਾਈ ਹੈ ਅਤੇ ਰਹਿਣ ਲਈ ਬਹੁਤ ਹੀ ਵਧੀਆ ਟਿਕਾਣਾ (ਜੰਨਤ) ਹੈ।

ٱلَّذِينَ ءَامَنُوا۟ وَعَمِلُوا۟ ٱلصَّٰلِحَٰتِ طُوبَىٰ لَهُمْ
وَحُسْنُ مَـَٔابٍ ﴿٢٩﴾

30. (ਜਿਵੇਂ ਪਹਿਲਾਂ ਰਸੂਲ ਭੇਜੇ ਸਨ। ਉਸੇ ਤਰ੍ਹਾਂ ਅਸੀਂ (ਹੇ ਮੁਹੰਮਦ ਸ:!) ਤੁਹਾਨੂੰ ਵੀ ਇਕ ਅਜਿਹੀ ਉੱਮਤ ਵਿਚ ਰਸੂਲ ਬਣਾ ਕੇ ਭੇਜਿਆ ਹੈ ਜਿਸ ਤੋਂ ਪਹਿਲਾਂ ਬਥੇਰੀਆਂ ਉੱਮਤਾਂ ਬੀਤ ਚੁੱਕੀਆਂ ਹਨ, ਤਾਂ ਜੋ ਤੁਸੀਂ ਵੀ ਇਹਨਾਂ ਨੂੰ ਉਹ (ਸੰਦੇਸ਼) ਸੁਣਾਓ

كَذَٰلِكَ أَرْسَلْنَٰكَ فِىٓ أُمَّةٍ قَدْ خَلَتْ مِن قَبْلِهَآ
أُمَمٌ لِّتَتْلُوَا۟ عَلَيْهِمُ ٱلَّذِىٓ أَوْحَيْنَآ إِلَيْكَ وَهُمْ
يَكْفُرُونَ بِٱلرَّحْمَٰنِ ۚ قُلْ هُوَ رَبِّى لَآ إِلَٰهَ إِلَّا هُوَ[1]
عَلَيْهِ تَوَكَّلْتُ وَإِلَيْهِ مَتَابِ ﴿٣٠﴾

---

1 ਅੱਲਾਹ ਦਾ ਸਿਮਰਨ ਕਰਨ ਅਤੇ ਉਸ ਦੀ ਪਵਿੱਤਰਤਾ ਤੇ ਵਡਿਆਈ ਦੀ ਚਰਚਾ ਕਰਨ ਦੇ ਸੰਬੰਧ ਵਿਚ ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ, ਉਸ ਵਿਅਕਤੀ ਦੀ ਉਦਾਹਰਨ, ਜਿਹੜਾ ਆਪਣੇ ਰੱਬ ਦਾ ਸਿਮਰਨ ਕਰਦਾ ਹੈ, ਉਸ ਵਿਅਕਤੀ ਦੇ ਮੁਕਾਬਲੇ ਵਿਚ ਜਿਹੜਾ ਸਿਮਰਨ ਨਹੀਂ ਕਰਦਾ, ਇੰਜ ਹੈ ਜਿਵੇਂ ਮੋਏ ਦੇ ਮੁਕਾਬਲੇ ਵਿਚ ਜਿਉਂਦਾ ਵਿਅਕਤੀ। (ਸਹੀ ਬੁਖ਼ਾਰੀ, ਹਦੀਸ: 6407)

- ਅੱਲਾਹ ਦੇ ਰਸੂਲ ਨੇ ਫ਼ਰਮਾਇਆ, ਜਿਹੜਾ ਵੀ ਕੋਈ ਦਿਨ ਵਿਚ ਸੌ ਵਾਰ "ਸੁਬਹਾਨੱਲਾਹੀ ਵਬੀ ਹਮਦੀਹੀ" ਆਖੇਗਾ, ਉਸ ਦੇ ਸਾਰੇ ਛੋਟੇ ਗੁਨਾਹ ਮੁਆਫ਼ ਕਰ ਦਿੱਤੇ ਜਾਣਗੇ, ਭਾਵੇਂ ਉਹ ਸਮੁੰਦਰ ਦੀ ਝੱਗ ਜਿੰਨੇ ਹੀ ਕਿਉਂ ਨਾ ਹੋਣ। (ਸਹੀ ਬੁਖ਼ਾਰੀ, ਹਦੀਸ: 6405)

- ਇਕ ਦੂਜੀ ਹਦੀਸ ਵਿਚ ਹੈ, ਜਿਹੜਾ ਵਿਅਕਤੀ ਦਿਨ ਵਿਚ ਸੌ ਵਾਰ "ਲਾ ਇਲਾਹਾ ਇੱਲੱਲ ਲਾਹੋ ਵਾਹਦਾਹੂ ਲਾ ਸ਼ਰੀਕਲਾਹੂ ਲਹੁਲ ਮੁਲਕੁ ਵਲਾ ਹੁਲ ਹਮਦੁ ਵਾਹੁਵਾ ਅਲਾ ਕੁੱਲੀ ਸ਼ੈਅ ਇਨ ਕਦੀਰ" (ਭਾਵ ਅੱਲਾਹ ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ, ਉਹ ਇਕੱਲਾ ਹੀ ਹੈ, ਉਸ ਦਾ ਕੋਈ ਸਾਂਝੀ ਨਹੀਂ, ਪਾਤਸ਼ਾਹੀ ਉਸੇ ਲਈ ਹੈ ਅਤੇ ਸਾਰੀਆਂ ਤਾਰੀਫ਼ਾਂ ਵੀ ਉਸੇ ਲਈ ਹਨ ਅਤੇ ਹਰੇਕ ਚੀਜ਼ ਉਸੇ ਦੇ ਕਬਜ਼ੇ ਵਿਚ ਹੈ।) ਆਖੇਗਾ, ਤਾਂ ਉਸ ਨੂੰ ਦਸ ਗ਼ੁਲਾਮ ਆਜ਼ਾਦ ਕਰਨ ਜਿੰਨਾ ਸਵਾਬ ਮਿਲੇਗਾ ਅਤੇ ਉਸ ਦੇ ਖਾਤੇ ਵਿਚ ਸੌ ਨੇਕੀਆਂ ਲਿਖ ਦਿੱਤੀਆਂ ਜਾਂਦੀਆਂ ਹਨ ਅਤੇ ਉਸ ਦੇ ਖਾਤੇ ਵਿੱਚੋਂ ਦਸ ਬੁਰਾਈਆਂ ਨੂੰ ਮਿਟਾ ਦਿੱਤਾ ਜਾਂਦਾ ਹੈ, ਅਤੇ ਉਸ ਦਾ ਇਹ ਅਮਲ ਉਸ ਨੂੰ ਸ਼ੈਤਾਨ ਦੀਆਂ ਸ਼ਰਾਰਤਾਂ ਤੋਂ ਸੁਰੱਖਿਅਤ ਰੱਖਦਾ ਹੈ ਅਤੇ ਕੋਈ ਵੀ ਵਿਅਕਤੀ ਉਸ ਦਿਨ ਉਸੇ ਵਿਅਕਤੀ ਤੋਂ ਵੱਧ ਕੇ ਨੇਕ ਕੰਮ ਕਰਨ ਵਾਲਾ ਨਹੀਂ ਹੋਵੇਗਾ, ਛੁੱਟ ਉਸ ਤੋਂ ਜਿਨ੍ਹੇ ਇਹ ਕਰਮ ਉਸ ਤੋਂ ਵੱਧ ਕੀਤਾ ਹੋਵੇ। (ਸਹੀ ਬੁਖ਼ਾਰੀ, ਹਦੀਸ: 6403)

ਜਿਹੜੀ ਵਹੀ ਅਸੀਂ ਤੁਹਾਡੇ ਵੱਲ ਘੱਲੀ ਹੈ। ਉਹ ਰਹਿਮਾਨ (ਭਾਵ ਅੱਲਾਹ) ਦਾ ਇਨਕਾਰ ਕਰਦੇ ਹਨ। (ਹੇ ਨਬੀ!) ਤੁਸੀਂ ਆਖ ਦਿਓ ਕਿ ਉਹੀਓ (ਰਹਿਮਾਨ) ਮੇਰਾ ਰੱਬ ਹੈ, ਉਸ ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ, ਉਸੇ 'ਤੇ ਮੇਰਾ (ਅਟੁੱਟ) ਵਿਸ਼ਵਾਸ ਹੈ ਅਤੇ ਮੇਰਾ ਪਰਤਣਾ ਵੀ ਉਸੇ ਵੱਲ ਹੈ।

31 ਜੇ ਭਲਾਂ ਕੋਈ ਅਜਿਹਾ ਕੁਰਆਨ ਹੁੰਦਾ ਜਿਸ ਦੁਆਰਾ ਪਹਾੜ ਤੋਰੇ ਜਾਂਦੇ ਜਾਂ ਧਰਤੀ ਦੇ ਟੋਟੇ ਟੋਟੇ ਕਰ ਦਿੱਤੇ ਜਾਂਦੇ ਜਾਂ ਮੁਰਦਿਆਂ ਨਾਲ ਗੱਲਾਂ ਕਰਵਾਈਆਂ ਜਾਂਦੀਆਂ (ਤਾਂ ਵੀ ਇਹ ਲੋਕ ਈਮਾਨ ਨਾ ਲਿਆਂਦੇ) ਸਗੋਂ (ਈਮਾਨ ਲਿਆਉਣ ਜਾਂ ਨਾ ਲਿਆਉਣ ਦਾ) ਸਾਰਾ ਅਧਿਕਾਰ ਹੀ ਅੱਲਾਹ ਦੇ ਹੱਥ ਵਿਚ ਹੈ। ਕੀ ਈਮਾਨ ਵਾਲਿਆਂ ਦਾ ਇਸ ਗੱਲ 'ਤੇ ਦਿਲ ਨਹੀਂ ਠੁਕਦਾ ਕਿ ਜੇ ਅੱਲਾਹ ਚਾਹੁੰਦਾ ਤਾਂ ਸਾਰੇ ਲੋਕਾਂ ਨੂੰ (ਬਿਨਾਂ ਕਿਸੇ ਪ੍ਰਕਾਰ ਦਾ ਚਮਤਕਾਰ ਵਿਖਾਏ) ਸਿੱਧੇ ਰਾਹ ਪਾ ਦਿੰਦਾ? ਕਾਫ਼ਿਰਾਂ ਨੂੰ ਤਾਂ ਉਹਨਾਂ ਦੀਆਂ ਕਰਤੂਤਾਂ ਕਾਰਨ ਕੋਈ ਨਾ ਕੋਈ ਬਿਪਤਾ ਪਈ ਹੀ ਰਹੇਗੀ ਜਾਂ ਉਹਨਾਂ ਦੇ ਘਰਾਂ ਦੇ ਨੇੜੇ ਤੇੜੇ (ਕੋਈ ਮੁਸੀਬਤ) ਉੱਤਰਦੀ ਰਹੇਗੀ। ਇੱਥੋਂ ਤਕ ਕਿ ਅੱਲਾਹ ਦਾ ਵਾਅਦਾ (ਮੋਮਿਨਾਂ ਦੀ ਸਫ਼ਲਤਾ ਦਾ ਜਾਂ ਕਿਆਮਤ ਦਿਹਾੜੇ ਦਾ) ਪੂਰਾ ਹੋ ਜਾਵੇ। ਅੱਲਾਹ ਆਪਣੇ ਵਚਨਾਂ ਵਿਰੋਧ ਕੁੱਝ ਨਹੀਂ ਕਰਦਾ।

وَلَوْ أَنَّ قُرْآنًا سُيِّرَتْ بِهِ الْجِبَالُ أَوْ قُطِّعَتْ بِهِ الْأَرْضُ أَوْ كُلِّمَ بِهِ الْمَوْتَىٰ ۗ بَل لِّلَّهِ الْأَمْرُ جَمِيعًا ۗ أَفَلَمْ يَيْأَسِ الَّذِينَ آمَنُوا أَن لَّوْ يَشَاءُ اللَّهُ لَهَدَى النَّاسَ جَمِيعًا ۗ وَلَا يَزَالُ الَّذِينَ كَفَرُوا تُصِيبُهُم بِمَا صَنَعُوا قَارِعَةٌ أَوْ تَحُلُّ قَرِيبًا مِّن دَارِهِمْ حَتَّىٰ يَأْتِيَ وَعْدُ اللَّهِ ۚ إِنَّ اللَّهَ لَا يُخْلِفُ الْمِيعَادَ ﴿٣١﴾

32. (ਹੇ ਨਬੀ!) ਤੁਹਾਥੋਂ ਪਹਿਲਾਂ ਵੀ ਪੈਗ਼ੰਬਰਾਂ ਦਾ ਮਖ਼ੌਲ ਉਡਾਇਆ ਜਾਂਦਾ ਰਿਹਾ ਹੈ ਪਰ ਅੱਲਾਹ ਨੇ ਕਾਫ਼ਿਰਾਂ ਨੂੰ ਢਿੱਲ ਦੇ ਛੱਡੀ ਸੀ, ਅੰਤ ਉਹਨਾਂ ਨੂੰ ਨੱਪ ਲਿਆ, ਫੇਰ ਵੇਖ ਲਓ ਕਿ ਮੇਰਾ ਅਜ਼ਾਬ ਕਿੰਨਾ ਕਰੜਾ ਸੀ।

وَلَقَدِ اسْتُهْزِئَ بِرُسُلٍ مِّن قَبْلِكَ فَأَمْلَيْتُ لِلَّذِينَ كَفَرُوا ثُمَّ أَخَذْتُهُمْ ۖ فَكَيْفَ كَانَ عِقَابِ ﴿٣٢﴾

31

33. ਭਲਾਂ ਉਹ ਅੱਲਾਹ, ਜਿਹੜਾ ਹਰੇਕ ਜੀਵ ਦੇ ਕੀਤੇ ਕੰਮਾਂ ਦੀ ਨਿਗਰਾਨੀ ਕਰ ਰਿਹਾ ਹੈ ਅਤੇ ਜਿਹੜੇ ਲੋਕਾਂ ਨੇ ਅੱਲਾਹ ਦੇ ਸ਼ਰੀਕ ਬਣਾਏ ਹੋਏ ਹਨ, (ਕੀ ਉਹ ਅੱਲਾਹ ਦੇ ਬਰਾਬਰ ਹੋ ਸਕਦੇ ਹਨ?) (ਹੇ ਨਬੀ!) ਕਹਿ ਦਿਓ ਕਿ ਉਹਨਾਂ ਦੇ ਨਾਂ ਤਾਂ ਲਵੋ? ਕੀ ਤੁਸੀਂ ਅੱਲਾਹ ਨੂੰ ਉਹ ਗੱਲਾਂ ਦੱਸ ਰਹੇ ਹੋ, ਜਿਸ ਨੂੰ ਉਹ ਆਪਣੀ ਧਰਤੀ 'ਤੇ ਨਹੀਂ ਜਾਣਦਾ? ਸਗੋਂ ਝੂਠੇ ਗੁਮਾਨਾਂ 'ਤੇ ਹੀ ਤੁਸੀਂ ਅੱਲਾਹ ਦਾ ਸ਼ਰੀਕ ਬਣਾਉਂਦੇ ਹੋ। ਅਸਲ ਗੱਲ ਇਹ ਹੈ ਕਿ ਕੁਫ਼ਰ ਕਰਨ ਵਾਲਿਆਂ ਲਈ ਉਹਨਾਂ ਦੀਆਂ ਚਾਲਬਾਜ਼ੀਆਂ ਨੂੰ (ਉਹਨਾਂ ਦੀਆਂ ਕਰਤੂਤਾਂ ਨੂੰ) ਸਜਾ-ਸੰਵਾਰ ਦਿੱਤਾ ਗਿਆ ਹੈ ਅਤੇ ਉਹਨਾਂ ਨੂੰ ਸਿੱਧੇ ਰਾਹ ਤੋਂ ਰੋਕ ਦਿੱਤਾ ਗਿਆ। ਜਿਸ ਨੂੰ ਅੱਲਾਹ ਕੁਰਾਹੇ ਪਾ ਦੇਵੇ ਉਸ ਨੂੰ ਸਿੱਧੇ ਰਾਹ ਪਾਉਣ ਵਾਲਾ ਕੋਈ ਵੀ ਨਹੀਂ।

أَفَمَنْ هُوَ قَائِمٌ عَلَىٰ كُلِّ نَفْسٍ بِمَا كَسَبَتْ ۗ
وَجَعَلُوا لِلَّهِ شُرَكَاءَ قُلْ سَمُّوهُمْ ۚ أَمْ تُنَبِّئُونَهُ
بِمَا لَا يَعْلَمُ فِي الْأَرْضِ أَمْ بِظَاهِرٍ مِنَ الْقَوْلِ ۗ
بَلْ زُيِّنَ لِلَّذِينَ كَفَرُوا مَكْرُهُمْ وَصُدُّوا عَنِ
السَّبِيلِ ۗ وَمَنْ يُضْلِلِ اللَّهُ فَمَا لَهُ مِنْ هَادٍ 33

34. ਇਹਨਾਂ ਕਾਫ਼ਿਰਾਂ ਲਈ ਸੰਸਾਰਿਕ ਜੀਵਨ ਵਿਚ ਵੀ ਅਜ਼ਾਬ ਹੈ ਅਤੇ ਆਖ਼ਿਰਤ (ਪਰਲੋਕ) ਦਾ ਅਜ਼ਾਬ ਤਾਂ ਬਹੁਤ ਹੀ ਕਰੜਾ ਹੈ। ਇਹਨਾਂ ਨੂੰ ਅੱਲਾਹ ਦੇ ਗ਼ਜ਼ਬ (ਗੁੱਸੇ) ਤੋਂ ਬਚਾਉਣ ਵਾਲਾ ਕੋਈ ਵੀ ਨਹੀਂ।

لَهُمْ عَذَابٌ فِي الْحَيَاةِ الدُّنْيَا ۖ وَلَعَذَابُ الْآخِرَةِ
أَشَقُّ ۖ وَمَا لَهُمْ مِنَ اللَّهِ مِنْ وَاقٍ 34

35. ਉਸ ਸਵਰਗ ਦੀ ਵਿਸ਼ੇਸ਼ਤਾ, ਜਿਸ ਦਾ ਵਚਨ (ਬੁਰਾਈਆਂ ਤੋਂ) ਪਰਹੇਜ਼ ਕਰਨ ਵਾਲੇ ਲੋਕਾਂ ਨਾਲ ਕੀਤਾ ਗਿਆ ਹੈ, ਇਹ ਹੈ ਕਿ ਉਸ ਦੇ ਹੇਠ ਨਹਿਰਾਂ ਵਗਦੀਆਂ ਹਨ ਉਸ ਦੇ ਫਲ ਸਦਾ ਲਈ ਹਨ (ਭਾਵ ਮੌਸਮੀ ਨਹੀਂ) ਅਤੇ ਉਹਨਾਂ ਦਾ ਪਰਛਾਵਾਂ ਅਮੁੱਕ ਹੈ। ਇਹ ਹੈ ਅੰਤ ਪਰਹੇਜ਼ਗਾਰਾਂ ਦਾ ਅਤੇ ਕਾਫ਼ਿਰਾਂ ਦਾ ਅੰਤ ਨਰਕ ਦੀ ਅੱਗ ਹੈ।

مَثَلُ الْجَنَّةِ الَّتِي وُعِدَ الْمُتَّقُونَ ۖ تَجْرِي مِنْ
تَحْتِهَا الْأَنْهَارُ ۖ أُكُلُهَا دَائِمٌ وَظِلُّهَا ۚ تِلْكَ عُقْبَى
الَّذِينَ اتَّقَوْا ۖ وَعُقْبَى الْكَافِرِينَ النَّارُ 35

وَالَّذِينَ آتَيْنَاهُمُ الْكِتَابَ يَفْرَحُونَ بِمَا أُنزِلَ إِلَيْكَ ۖ وَمِنَ الْأَحْزَابِ مَن يُنكِرُ بَعْضَهُ ۚ قُلْ إِنَّمَا أُمِرْتُ أَنْ أَعْبُدَ اللَّهَ وَلَا أُشْرِكَ بِهِ ۚ إِلَيْهِ أَدْعُو وَإِلَيْهِ مَآبِ ﴿٣٦﴾

36. (ਹੇ ਨਬੀ !) ਜਿਨ੍ਹਾਂ ਨੂੰ ਅਸੀਂ ਪਹਿਲਾਂ ਕਿਤਾਬ ਦਿੱਤੀ ਸੀ, ਉਹ ਇਸ ਕਿਤਾਬ (ਕੁਰਆਨ) ਤੋਂ ਜਿਹੜੀ ਤੁਹਾਡੇ 'ਤੇ ਉਤਾਰੀ ਹੈ, ਖ਼ੁਸ਼ ਹੁੰਦੇ ਹਨ ਅਤੇ ਕੁੱਝ ਦੂਜੇ ਧੜੇ ਕੁਰਆਨ ਦੀਆਂ ਕੁੱਝ ਗੱਲਾਂ ਤੋਂ ਇਨਕਾਰ ਕਰਦੇ ਹਨ। (ਹੇ ਮੁਹੰਮਦ ਸ:!) ਤੁਸੀਂ ਆਖ ਦਿਓ ਕਿ ਮੈਨੂੰ ਤਾਂ ਕੇਵਲ ਇਹੋ ਹੁਕਮ ਦਿੱਤਾ ਗਿਆ ਹੈ ਕਿ ਮੈਂ ਅੱਲਾਹ ਦੀ ਇਬਾਦਤ ਕਰਾਂ ਅਤੇ ਇਸ ਦੇ ਨਾਲ ਕਿਸੇ ਨੂੰ ਸਾਂਝੀ ਨਾ ਬਣਾਵਾਂ। ਮੈਂ ਉਸੇ ਵੱਲ (ਸਭ ਨੂੰ) ਬੁਲਾਉਂਦਾ ਹੈ ਅਤੇ ਉਸੇ ਵੱਲ ਮੈਂ ਪਰਤਣਾ ਹੈ।

وَكَذَٰلِكَ أَنزَلْنَاهُ حُكْمًا عَرَبِيًّا ۚ وَلَئِنِ اتَّبَعْتَ أَهْوَاءَهُم بَعْدَمَا جَاءَكَ مِنَ الْعِلْمِ مَا لَكَ مِنَ اللَّهِ مِن وَلِيٍّ وَلَا وَاقٍ ﴿٣٧﴾

37. ਇਸ ਪ੍ਰਕਾਰ (ਭਾਵ ਪਹਿਲੀਆਂ ਕਿਤਾਬਾਂ ਵਾਂਗ) ਅਸੀਂ ਇਸ (ਕੁਰਆਨ) ਨੂੰ ਅਰਬੀ ਭਾਸ਼ਾ ਵਿਚ ਹੁਕਮਨਾਮਾ ਬਣਾਕੇ ਉਤਾਰਿਆ ਹੈ। (ਹੇ ਨਬੀ !) ਜੇ ਤੁਸੀਂ ਇਸ ਦੇ ਹੁੰਦਿਆਂ ਇਹਨਾਂ (ਕਾਫ਼ਿਰਾਂ) ਦੀ ਇੱਛਾਵਾਂ ਦੀ ਪੈਰਵੀ ਕੀਤੀ, ਜਦ ਕਿ ਤੁਹਾਡੇ ਕੋਲ (ਰੱਬੀ) ਗਿਆਨ ਆ ਚੁੱਕਿਆ ਹੈ ਤਾਂ ਅੱਲਾਹ ਦੇ ਮੁਕਾਬਲੇ ਤੁਹਾਨੂੰ ਨਾ ਤਾਂ ਕੋਈ ਹਿਮਾਇਤੀ ਮਿਲੇਗਾ ਅਤੇ ਨਾ ਹੀ ਕੋਈ (ਅੱਲਾਹ ਦੀ ਸਜ਼ਾ ਤੋਂ) ਬਚਾਉਣ ਵਾਲਾ ਹੋਵੇਗਾ।

وَلَقَدْ أَرْسَلْنَا رُسُلًا مِّن قَبْلِكَ وَجَعَلْنَا لَهُمْ أَزْوَاجًا وَذُرِّيَّةً ۚ وَمَا كَانَ لِرَسُولٍ أَن يَأْتِيَ بِآيَةٍ إِلَّا بِإِذْنِ اللَّهِ ۗ لِكُلِّ أَجَلٍ كِتَابٌ ﴿٣٨﴾

38. (ਹੇ ਮੁਹੰਮਦ ਸ:!) ਬੇਸ਼ੱਕ ਅਸੀਂ ਤੁਹਾਥੋਂ ਪਹਿਲਾਂ ਵੀ ਬਥੇਰੇ ਪੈਗ਼ੰਬਰ ਭੇਜ ਚੁੱਕੇ ਹਾਂ ਅਤੇ ਅਸੀਂ ਉਹਨਾਂ ਸਭ ਨੂੰ ਬੀਵੀ ਬੱਚਿਆਂ ਵਾਲਾ ਬਣਾਇਆ ਸੀ। ਕਿਸੇ ਵੀ ਰਸੂਲ ਤੋਂ ਇਹ ਸੰਭਵ ਨਹੀਂ ਕਿ ਬਿਨਾਂ ਅੱਲਾਹ ਦੀ ਆਗਿਆ ਤੋਂ ਕੋਈ ਨਿਸ਼ਾਨੀ (ਮੁਅਜਜ਼ਾ) ਆਪ ਲਿਆ ਵਿਖਾਵੇ। ਹਰੇਕ ਵਚਨ ਦੇ ਪੂਰਾ ਹੋਣ ਦਾ ਸਮਾਂ ਲਿਖਿਆ ਹੋਇਆ ਹੈ।

39. ਅੱਲਾਹ ਜੋ ਚਾਹੇ (ਲਿਖਿਆ ਹੋਇਆ) ਮਿਟਾ ਦਿੰਦਾ ਹੈ ਅਤੇ ਜਿਸ ਨੂੰ ਚਾਹੇ ਕਾਇਮ ਰੱਖਦਾ ਹੈ। ਮੂਲ ਕਿਤਾਬ ਤਾਂ ਉਸੇ ਕੋਲ ਹੈ।[1]

يَمْحُوا اللّٰهُ مَا يَشَآءُ وَيُثْبِتُ ۖ وَعِنْدَهٗٓ اُمُّ الْكِتٰبِ 39

40. (ਹੇ ਨਬੀ!) ਜਿਸ (ਅਜ਼ਾਬ) ਦਾ ਵਾਅਦਾ ਅਸੀਂ ਇਹਨਾਂ (ਕਾਫ਼ਿਰਾਂ) ਨਾਲ ਕੀਤਾ ਹੋਇਆ ਹੈ, ਉਸ ਦਾ ਕੁੱਝ ਹਿੱਸਾ ਭਾਵੇਂ ਅਸੀਂ ਤੁਹਾਨੂੰ ਵਿਖਾ ਦਈਏ ਜਾਂ (ਉਸ ਤੋਂ ਪਹਿਲਾਂ ਹੀ) ਤੁਹਾਡਾ ਅਕਾਲ ਚਲਾਣਾ ਹੋ ਜਾਵੇ (ਹਰ ਹਾਲ ਵਿਚ) ਤੁਹਾਡੇ ਜ਼ਿੰਮੇ ਤਾਂ ਕੇਵਲ (ਰੱਬੀ ਪੈਗ਼ਾਮ) ਪਹੁੰਚਾਉਣਾ ਹੈ। ਹਿਸਾਬ ਲੈਣ ਦਾ ਕੰਮ ਸਾਡੇ ਜ਼ਿੰਮੇ ਹੈ।

وَاِنْ مَّا نُرِيَنَّكَ بَعْضَ الَّذِيْ نَعِدُهُمْ اَوْ نَتَوَفَّيَنَّكَ فَاِنَّمَا عَلَيْكَ الْبَلٰغُ وَعَلَيْنَا الْحِسَابُ 40

41. ਕੀ ਉਹ ਲੋਕ ਨਹੀਂ ਵੇਖਦੇ ਕਿ ਅਸੀਂ (ਕਾਫ਼ਿਰਾਂ ਲਈ) ਧਰਤੀ ਨੂੰ ਹਰ ਪਾਸਿਓਂ ਘਟਾਉਂਦੇ ਜਾ ਰਹੇ ਹਾਂ (ਭਾਵ ਇਸਲਾਮ ਫੈਲ ਰਿਹਾ ਹੈ) ਅੱਲਾਹ ਜੋ ਹੁਕਮ ਦਿੰਦਾ ਹੈ, ਕੋਈ ਵੀ ਉਸ ਨੂੰ ਰੱਦ ਕਰਨ ਵਾਲਾ ਨਹੀਂ। ਉਹ ਛੇਤੀ ਹੀ ਹਿਸਾਬ ਲੈਣ ਵਾਲਾ ਹੈ।

اَوَلَمْ يَرَوْا اَنَّا نَاْتِي الْاَرْضَ نَنْقُصُهَا مِنْ اَطْرَافِهَا ۭ وَاللّٰهُ يَحْكُمُ لَا مُعَقِّبَ لِحُكْمِهٖ ۭ وَهُوَ سَرِيْعُ الْحِسَابِ 41

42. ਇਹਨਾਂ ਇਨਕਾਰੀਆਂ ਤੋਂ ਪਹਿਲਾਂ ਵੀ ਬੀਤ ਚੁੱਕੇ ਲੋਕਾਂ ਨੇ ਆਪਣੀਆਂ ਚਾਲਬਾਜ਼ੀਆਂ (ਮੱਕਾਰੀਆਂ) ਵਿਚ ਕੋਈ ਕਸਰ ਨਹੀਂ ਛੱਡੀ ਸੀ ਪਰ ਸਾਰੀਆਂ

وَقَدْ مَكَرَ الَّذِيْنَ مِنْ قَبْلِهِمْ فَلِلّٰهِ الْمَكْرُ جَمِيْعًا ۭ يَعْلَمُ مَا تَكْسِبُ كُلُّ نَفْسٍ ۭ وَسَيَعْلَمُ الْكُفّٰرُ لِمَنْ عُقْبَى الدَّارِ 42

---

[1] ਇਕ ਵਾਰ ਹਜ਼ਰਤ ਉਮਰ ਰ:ਅ: ਖ਼ਾਨਾ-ਕਾਅਬਾ ਦੇ ਆਲੇ-ਦੁਆਲੇ ਚੱਕਰ ਲੱਗਾ ਰਹੇ ਸੀ ਅਤੇ ਰੋਂਦੇ ਹੋਏ ਕਹਿ ਰਹੇ ਸੀ ਕਿ ਹੇ ਅੱਲਾਹ! ਜੇ ਤੂੰ ਮੇਰਾ ਨਾਂ ਨੇਕ ਲੋਕਾਂ ਵਿਚ ਲਿਖ ਛੱਡਿਆ ਹੈ, ਤਾਂ ਮੈਨੂੰ ਉਹਨਾਂ ਨਾਲ ਹੀ ਰੱਖੀਂ, ਜੇ ਤੂੰ ਮੈਨੂੰ ਭੈੜੇ ਲੋਕਾਂ ਦੀ ਸੂਚੀ ਵਿਚ ਰੱਖ ਛੱਡਿਆ ਹੈ ਤਾਂ ਉਸ ਨੂੰ ਨੇਕ ਅਤੇ ਬਖ਼ਸ਼ੇ ਹੋਏ ਲੋਕਾਂ ਨਾਲ ਬਦਲ ਦੇ। ਤੂੰ ਜੋ ਚਾਹੇਂ ਮਿਟਾ ਸਕਦਾ ਹੈਂ, ਉੱਮੁਲ-ਕਿਤਾਬ (ਸਾਰੀਆਂ ਅਕਾਸ਼ੀ ਕਿਤਾਬਾਂ ਦੀ ਮਾਂ) ਤੇਰੇ ਕੋਲ ਹੀ ਹੈ। (ਤਫ਼ਸੀਰ ਅਲ-ਕੁਰਤਬੀ 330/9)

ਕੰਮ ਆਉਣ ਵਾਲੀਆਂ ਚਾਲਾਂ ਅੱਲਾਹ ਦੀਆਂ ਹੀ ਹਨ। ਜਿਹੜਾ ਵਿਅਕਤੀ ਜੋ ਵੀ ਕਮਾਈ ਕਰ ਰਿਹਾ ਹੈ ਉਹ ਸਭ ਅੱਲਾਹ ਦੀ ਜਾਣਕਾਰੀ ਵਿਚ ਹੈ। ਕਾਫ਼ਿਰਾਂ ਨੂੰ ਹੁਣੇ ਪਤਾ ਲੱਗ ਜਾਵੇਗਾ ਕਿ ਪਰਲੋਕ ਦਾ ਘਰ ਕਿਨ੍ਹਾਂ ਲਈ ਹੈ।

وَيَقُولُ الَّذِينَ كَفَرُوا لَسْتَ مُرْسَلًا ۚ قُلْ كَفَىٰ بِاللَّهِ شَهِيدًا بَيْنِي وَبَيْنَكُمْ وَمَنْ عِندَهُ عِلْمُ الْكِتَابِ ﴿٤٣﴾

43 (ਹੇ ਮੁਹੰਮਦ ਸ.!) ਇਹ ਕਾਫ਼ਿਰ ਆਖਦੇ ਹਨ ਕਿ ਤੁਸੀਂ ਅੱਲਾਹ ਦੇ ਪੈਗ਼ੰਬਰ ਨਹੀਂ ਹੋ। ਤੁਸੀਂ ਆਖ ਦਿਓ ਕਿ ਮੇਰੇ ਤੇ ਤੁਹਾਡੇ ਵਿਚਾਲੇ ਗਵਾਹੀ ਦੇਣ ਲਈ ਅੱਲਾਹ ਹੀ ਬਥੇਰਾ ਹੈ ਅਤੇ ਉਹ ਵੀ (ਗਵਾਹ ਹੈ) ਜਿਸ ਕੋਲ (ਆਸਮਾਨੀ) ਕਿਤਾਬ ਦਾ ਗਿਆਨ ਹੈ।

سُورَةُ إِبْرَاهِيمَ

14. ਸੂਰਤ ਇਬਰਾਹੀਮ (ਮੱਕੀ-72)

(ਆਇਤਾਂ 52, ਰੁਕੂਅ 7)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

الر ۚ كِتَابٌ أَنزَلْنَاهُ إِلَيْكَ لِتُخْرِجَ النَّاسَ مِنَ الظُّلُمَاتِ إِلَى النُّورِ بِإِذْنِ رَبِّهِمْ إِلَىٰ صِرَاطِ الْعَزِيزِ الْحَمِيدِ ﴿١﴾

1. ਅਲਿਫ਼, ਲਾਮ, ਰਾ। (ਹੇ ਨਬੀ!) ਇਹ ਉੱਚ ਕੋਟੀ ਦੀ ਕਿਤਾਬ (ਕੁਰਆਨ) ਅਸੀਂ ਤੁਹਾਡੇ ਵੱਲ ਉਤਾਰੀ ਹੈ, ਤਾਂ ਜੋ ਤੁਸੀਂ ਲੋਕਾਂ ਨੂੰ ਹਨੇਰਿਆਂ 'ਚੋਂ ਕੱਢ ਕੇ ਰੌਸ਼ਨੀ ਵੱਲ, ਉਹਨਾਂ ਦੇ ਰੱਬ ਦੀ ਆਗਿਆ ਨਾਲ ਤੇ ਉਸੇ ਰੱਬ ਦੀ ਰਾਹ ਵੱਲ, ਲੈ ਆਓ। ਜਿਹੜਾ ਅਤਿਅੰਤ ਜ਼ੋਰਾਵਰ ਅਤੇ ਸਲਾਹਿਆ ਹੋਇਆ ਹੈ।

اللَّهِ الَّذِي لَهُ مَا فِي السَّمَاوَاتِ وَمَا فِي الْأَرْضِ ۗ وَوَيْلٌ لِّلْكَافِرِينَ مِنْ عَذَابٍ شَدِيدٍ ﴿٢﴾

2 (ਭਾਵ) ਉਸ ਅੱਲਾਹ ਵੱਲ ਜਿਸ ਦਾ ਉਹ ਸਭ ਕੁੱਝ ਹੈ, ਜਿਹੜਾ ਅਕਾਸ਼ਾਂ ਤੇ ਧਰਤੀ ਵਿਚ ਹੈ, ਪਰ ਇਨਕਾਰੀਆਂ ਲਈ ਕਰੜਾ ਵਿਨਾਸ਼ਕਾਰੀ ਅਜ਼ਾਬ ਹੈ।

3. ਜਿਹੜੇ (ਲੋਕ) ਪਰਲੋਕ ਦੇ ਜੀਵਨ ਨਾਲੋਂ ਸੰਸਾਰਿਕ ਜੀਵਨ ਨੂੰ ਹੀ ਪਸੰਦ ਕਰਦੇ ਹਨ ਅਤੇ ਲੋਕਾਂ ਨੂੰ ਅੱਲਾਹ ਦੇ ਰਾਹੋਂ ਰੋਕਦੇ ਹਨ ਅਤੇ ਇਸ ਵਿਚ ਵਿੰਗ-ਵਲ ਲਭਦੇ ਹਨ, ਅਜਿਹੇ ਲੋਕ ਗੁਮਰਾਹੀ ਵਿਚ ਬਹੁਤ ਦੂਰ ਨਿਕਲ ਗਏ।

الَّذِينَ يَسْتَحِبُّونَ الْحَيَوٰةَ الدُّنْيَا عَلَى الْآخِرَةِ
وَيَصُدُّونَ عَنْ سَبِيلِ اللَّهِ وَيَبْغُونَهَا عِوَجًا ۚ
أُولَٰئِكَ فِي ضَلَالٍ بَعِيدٍ ۝

4 ਅਸੀਂ ਹਰੇਕ ਪੈਗ਼ੰਬਰ ਨੂੰ ਉਸੇ ਦੀ ਆਪਣੀ ਕੌਮੀ ਭਾਸ਼ਾ (ਮਾਂ ਬੋਲੀ) ਵਿਚ ਬੋਲਣ ਵਾਲਾ ਭੇਜਿਆ ਹੈ, ਤਾਂ ਜੋ (ਰੱਬੀ ਪੈਗ਼ਾਮ ਨੂੰ) ਉਹਨਾਂ ਦੇ ਸਾਹਮਣੇ ਚੰਗੀ ਤਰ੍ਹਾਂ ਵਿਆਖਿਆ ਕਰੇ। ਫੇਰ ਅੱਲਾਹ ਜਿਸ ਨੂੰ ਚਾਹੇ ਕੁਰਾਹੇ ਪਾ ਦਿੰਦਾ ਹੈ ਅਤੇ ਜਿਸ ਨੂੰ ਚਾਹਵੇ (ਸਿੱਧੀ) ਰਾਹ ਵਿਖਾ ਦਿੰਦਾ ਹੈ। ਉਹੀਓ ਜ਼ੋਰਾਵਰ ਅਤੇ ਹਿਕਮਤ (ਸੂਝ-ਬੂਝ) ਵਾਲਾ ਹੈ।

وَمَا أَرْسَلْنَا مِنْ رَسُولٍ إِلَّا بِلِسَانِ قَوْمِهِ
لِيُبَيِّنَ لَهُمْ ۖ فَيُضِلُّ اللَّهُ مَنْ يَشَاءُ وَيَهْدِي
مَنْ يَشَاءُ ۚ وَهُوَ الْعَزِيزُ الْحَكِيمُ ۝

5 ਬੇਸ਼ੱਕ ਅਸੀਂ ਮੂਸਾ ਨੂੰ ਆਪਣੀਆਂ ਨਿਸ਼ਾਨੀਆਂ ਦੇਕੇ ਭੇਜਿਆ ਕਿ ਉਹ ਆਪਣੀ ਕੌਮ (ਬਨੀ ਇਸਰਾਈਲ) ਨੂੰ ਹਨੇਰਿਆਂ 'ਚੋਂ ਕੱਢ ਕੇ ਚਾਨਣ ਵੱਲ ਲਿਆਵੇ ਅਤੇ ਉਹਨਾਂ ਨੂੰ ਅੱਲਾਹ ਵੱਲੋਂ ਬਖ਼ਸ਼ੇ ਗਏ ਯਾਦਗਾਰ ਦਿਨਾਂ ਨੂੰ ਚੇਤੇ ਕਰਾਵੇ। ਬੇਸ਼ੱਕ ਇਹਨਾਂ (ਘਟਨਾਵਾਂ) ਵਿਚ ਹਰੇਕ ਧੀਰਜ ਤੋਂ ਕੰਮ ਲੈਣ ਵਾਲੇ 'ਤੇ ਧੰਨਵਾਦ ਕਰਨ ਵਾਲ਼ੇ ਵਿਅਕਤੀ ਲਈ (ਸਿੱਖਿਆਦਾਈ) ਨਿਸ਼ਾਨੀਆਂ ਹਨ।

وَلَقَدْ أَرْسَلْنَا مُوسَىٰ بِآيَاتِنَا أَنْ أَخْرِجْ قَوْمَكَ
مِنَ الظُّلُمَاتِ إِلَى النُّورِ وَذَكِّرْهُمْ بِأَيَّامِ اللَّهِ ۚ
إِنَّ فِي ذَٰلِكَ لَآيَاتٍ لِكُلِّ صَبَّارٍ شَكُورٍ ۝

6. (ਯਾਦ ਕਰੋ) ਜਦੋਂ ਮੂਸਾ ਨੇ ਆਪਣੀ ਕੌਮ ਨੂੰ ਕਿਹਾ ਸੀ ਕਿ ਅੱਲਾਹ ਦੇ ਉਹਨਾਂ ਅਹਿਸਾਨਾਂ ਨੂੰ ਯਾਦ ਕਰੋ ਜਿਹੜੇ ਉਸ ਨੇ ਤੁਹਾਡੇ 'ਤੇ ਕੀਤੇ ਹਨ। ਉਸ ਨੇ ਤੁਹਾਨੂੰ ਫ਼ਿਰਔਨੀਆਂ ਤੋਂ ਬਚਾਇਆ ਸੀ ਜਦੋਂ ਉਹ ਤੁਹਾਨੂੰ ਕਰੜੇ ਤਸੀਹੇ ਦਿੰਦੇ ਸੀ, ਤੁਹਾਡੇ ਪੁੱਤਰਾਂ ਨੂੰ ਮਾਰ ਸੁੱਟਦੇ ਸੀ ਅਤੇ ਤੁਹਾਡੀਆਂ ਧੀਆਂ ਨੂੰ ਜਿਊਂਦੀਆਂ ਰੱਖ ਛੱਡਦੇ ਸੀ। ਇਸ ਵਿਚ ਤੁਹਾਡੇ ਰੱਬ ਵੱਲੋਂ ਤੁਹਾਡੀ ਬੜੀ ਵੱਡੀ ਅਜ਼ਮਾਇਸ਼ ਸੀ।

وَإِذْ قَالَ مُوسَىٰ لِقَوْمِهِ اذْكُرُوا نِعْمَةَ اللَّهِ عَلَيْكُمْ
إِذْ أَنْجَاكُمْ مِنْ آلِ فِرْعَوْنَ يَسُومُونَكُمْ سُوءَ
الْعَذَابِ وَيُذَبِّحُونَ أَبْنَاءَكُمْ وَيَسْتَحْيُونَ
نِسَاءَكُمْ ۚ وَفِي ذَٰلِكُمْ بَلَاءٌ مِنْ رَبِّكُمْ عَظِيمٌ ۝

وَإِذْ تَأَذَّنَ رَبُّكُمْ لَئِنْ شَكَرْتُمْ لَأَزِيدَنَّكُمْ
وَلَئِنْ كَفَرْتُمْ إِنَّ عَذَابِي لَشَدِيدٌ ⑦

7. ਯਾਦ ਕਰੋ ਜਦੋਂ ਤੁਹਾਡੇ ਰੱਬ ਨੇ ਤੁਹਾਨੂੰ ਖ਼ਬਰਦਾਰ ਕੀਤਾ ਸੀ ਕਿ ਜੇ ਤੁਸੀਂ ਧੰਨਵਾਦੀ ਬਣੋਗੇ ਤਾਂ ਮੈਂ ਤੁਹਾਨੂੰ ਹੋਰ ਵੱਧ ਇਨਾਮ ਬਖ਼ਸ਼ਾਂਗਾ, ਜੇ ਤੁਸੀਂ ਨਾਸ਼ੁਕਰੀ ਕਰੋਗੇ ਤਾਂ ਮੇਰੀ ਸਜ਼ਾ ਵੀ ਕਰੜੀ ਹੈ।

وَقَالَ مُوسَىٰ إِنْ تَكْفُرُوا أَنْتُمْ وَمَنْ فِي
الْأَرْضِ جَمِيعًا فَإِنَّ اللَّهَ لَغَنِيٌّ حَمِيدٌ ⑧

8. ਮੂਸਾ ਨੇ (ਆਪਣੀ ਕੌਮ ਨੂੰ) ਆਖਿਆ ਕਿ ਜੇ ਤੁਸੀਂ ਇਨਕਾਰ ਕਰੋਗੇ ਅਤੇ ਇਸ ਧਰਤੀ ਦੇ ਸਾਰੇ ਵਸਨੀਕ ਵੀ ਕਾਫ਼ਿਰ ਬਣ ਜਾਣ ਤਾਂ ਬੇਸ਼ੱਕ ਅੱਲਾਹ (ਇਹਨਾਂ ਗੱਲਾਂ ਤੋਂ) ਬੇ-ਪਰਵਾਹ ਹੈ ਅਤੇ ਸ਼ਲਾਘਾਯੋਗ (ਇਹੋ) ਹੈ।

أَلَمْ يَأْتِكُمْ نَبَأُ الَّذِينَ مِنْ قَبْلِكُمْ قَوْمِ نُوحٍ
وَعَادٍ وَثَمُودَ ۛ وَالَّذِينَ مِنْ بَعْدِهِمْ ۛ
لَا يَعْلَمُهُمْ إِلَّا اللَّهُ ۚ جَاءَتْهُمْ رُسُلُهُمْ
بِالْبَيِّنَاتِ فَرَدُّوا أَيْدِيَهُمْ فِي أَفْوَاهِهِمْ وَقَالُوا
إِنَّا كَفَرْنَا بِمَا أُرْسِلْتُمْ بِهِ وَإِنَّا لَفِي شَكٍّ
مِمَّا تَدْعُونَنَا إِلَيْهِ مُرِيبٍ ⑨

9. (ਹੇ ਮੱਕੇ ਵਾਲਿਓ!) ਕੀ ਤੁਹਾਨੂੰ ਤੁਹਾਥੋਂ ਪਹਿਲਾਂ ਦੇ ਲੋਕਾਂ, (ਭਾਵ) ਨੂਹ, ਆਦ ਤੇ ਸਮੂਦ ਦੀ ਕੌਮ ਅਤੇ ਇਹਨਾਂ ਤੋਂ ਮਗਰੋਂ ਹੋਈਆਂ ਕੌਮਾਂ ਦੀਆਂ ਖ਼ਬਰਾਂ ਨਹੀਂ ਪੁੱਜੀਆਂ, ਜਿਨ੍ਹਾਂ ਨੂੰ ਕੇਵਲ ਅੱਲਾਹ ਹੀ ਜਾਣਦਾ ਹੈ? ਜਦੋਂ ਉਹਨਾਂ (ਕੌਮਾਂ) ਕੋਲ ਉਹਨਾਂ ਦੇ ਰਸੂਲ (ਖੁੱਲ੍ਹੀਆਂ) ਨਿਸ਼ਾਨੀਆਂ ਲੈ ਕੇ ਆਏ ਤਾਂ ਉਹਨਾਂ ਨੇ (ਹੈਰਾਨੀ ਨਾਲ) ਮੂੰਹ ਵਿਚ ਆਪਣੇ ਹੱਥ ਲੈ ਲਏ ਅਤੇ ਆਖਿਆ ਕਿ ਜਿਹੜਾ (ਸੁਨੇਹਾ) ਤੁਹਾਨੂੰ ਦੇ ਕੇ ਭੇਜਿਆ ਗਿਆ ਹੈ ਅਸੀਂ ਉਸ ਨੂੰ ਨਹੀਂ ਮੰਨਦੇ ਅਤੇ ਜਿਸ ਚੀਜ਼ ਵੱਲ ਤੁਸੀਂ ਸਾਨੂੰ ਬੁਲਾ ਰਹੇ ਹੋ ਉਸ ਵਿਚ ਵੀ ਸਾਨੂੰ ਦੁਵਿਧਾ ਸ਼ੰਕਾ ਹੈ।

قَالَتْ رُسُلُهُمْ أَفِي اللَّهِ شَكٌّ فَاطِرِ السَّمَاوَاتِ
وَالْأَرْضِ ۖ يَدْعُوكُمْ لِيَغْفِرَ لَكُمْ مِنْ ذُنُوبِكُمْ
وَيُؤَخِّرَكُمْ إِلَىٰ أَجَلٍ مُسَمًّى ۚ قَالُوا إِنْ أَنْتُمْ
إِلَّا بَشَرٌ مِثْلُنَا تُرِيدُونَ أَنْ تَصُدُّونَا
عَمَّا كَانَ يَعْبُدُ آبَاؤُنَا فَأْتُونَا بِسُلْطَانٍ
مُبِينٍ ⑩

10. ਉਹਨਾਂ ਦੇ ਰਸੂਲਾਂ ਨੇ ਉਹਨਾਂ ਨੂੰ ਆਖਿਆ, ਕੀ ਤੁਹਾਨੂੰ ਅੱਲਾਹ ਬਾਰੇ ਸੰਦੇਹ ਹੈ ਜਿਹੜਾ ਅਕਾਸ਼ਾਂ ਤੇ ਧਰਤੀ ਦਾ ਬਣਾਉਣ ਵਾਲਾ ਹੈ? ਉਹ ਤੁਹਾਨੂੰ (ਇਸ ਕਾਰਨ ਆਪਣੇ ਵੱਲ) ਬੁਲਾ ਰਿਹਾ ਹੈ ਤਾਂ ਜੋ ਤੁਹਾਡੇ ਗੁਨਾਹਾਂ ਨੂੰ ਬਖ਼ਸ਼ ਦੇਵੇ ਅਤੇ ਇਕ ਨਿਯਤ ਸਮੇਂ ਤਕ ਤੁਹਾਨੂੰ (ਸੰਸਾਰ ਵਿਚ ਰਹਿਣ ਦੀ) ਮੋਹਲਤ ਦੇਵੇ। ਉਹਨਾਂ ਨੇ ਆਖਿਆ ਕਿ ਤੁਸੀਂ (ਭਾਵ ਰਸੂਲ) ਤਾਂ ਸਾਡੇ ਹੀ ਵਰਗੇ ਮਨੁੱਖ ਹੋ, ਤੁਸੀਂ ਤਾਂ ਚਾਹੁੰਦੇ ਹੋ ਕਿ ਅਸੀਂ ਉਹਨਾਂ ਇਸ਼ਟਾਂ ਦੀ ਇਬਾਦਤ ਤੋਂ ਰੁਕ ਜਾਈਏ ਜਿਨ੍ਹਾਂ ਦੀ

ਇਬਾਦਤ ਸਾਡੇ ਪਿਓ-ਦਾਦੇ (ਭਾਵ ਬਜ਼ੁਰਗ) ਕਰਦੇ ਸਨ। ਚੰਗਾ, (ਜੇ ਤੁਸੀਂ ਸੱਚੇ ਹੋ ਤਾਂ) ਸਾਡੇ ਕੋਲ ਕੋਈ ਸਪਸ਼ਟ ਦਲੀਲ ਪੇਸ਼ ਕਰੋ।

11. ਉਹਨਾਂ ਦੇ ਪੈਗ਼ੰਬਰਾਂ ਨੇ ਉਹਨਾਂ ਨੂੰ ਕਿਹਾ ਕਿ ਇਹ ਤਾਂ ਸੱਚ ਹੈ ਕਿ ਅਸੀਂ ਤੁਹਾਡੇ ਵਰਗੇ ਹੀ ਮਨੁੱਖ ਹਾਂ, ਪਰ ਅੱਲਾਹ ਆਪਣੇ ਬੰਦਿਆਂ ਵਿੱਚੋਂ ਜਿਸ ਨੂੰ ਚਾਹੁੰਦਾ ਹੈ, ਆਪਣੀਆਂ ਮਿਹਰਾਂ (ਪੈਗ਼ੰਬਰੀ) ਨਾਲ ਨਿਵਾਜ਼ਦਾ ਹੈ। ਸਾਨੂੰ ਇਹ ਅਧਿਕਾਰ ਨਹੀਂ ਕਿ ਅੱਲਾਹ ਦੀ ਆਗਿਆ ਤੋਂ ਬਿਨਾਂ ਅਸੀਂ ਤੁਹਾਨੂੰ ਕੋਈ ਮੁਅਜਜ਼ਾ (ਰੱਬੀ ਚਮਤਕਾਰ) ਵਿਖਾ ਸਕੀਏ। ਈਮਾਨ ਵਾਲਿਆਂ ਨੂੰ ਤਾਂ ਕੇਵਲ ਅੱਲਾਹ ਉੱਤੇ ਹੀ ਭਰੋਸਾ ਰੱਖਣਾ ਚਾਹੀਦਾ ਹੈ।

قَالَتْ لَهُمْ رُسُلُهُمْ إِنْ نَّحْنُ إِلَّا بَشَرٌ مِّثْلُكُمْ وَلٰكِنَّ اللّٰهَ يَمُنُّ عَلٰى مَنْ يَّشَآءُ مِنْ عِبَادِهٖ ؕ وَمَا كَانَ لَنَآ اَنْ نَّاْتِيَكُمْ بِسُلْطٰنٍ اِلَّا بِاِذْنِ اللّٰهِ ؕ وَعَلَى اللّٰهِ فَلْيَتَوَكَّلِ الْمُؤْمِنُوْنَ ⑪

12. (ਪੈਗ਼ੰਬਰਾਂ ਨੇ ਆਖਿਆ ਕਿ) ਉਹ ਕਿਹੜਾ ਕਾਰਨ ਹੈ ਕਿ ਅਸੀਂ ਅੱਲਾਹ 'ਤੇ ਭਰੋਸਾ ਨਾ ਕਰੀਏ ਜਦ ਕਿ ਉਹ ਸਾਨੂੰ ਆਪਣੀਆਂ (ਸਿੱਧੀਆਂ) ਰਾਹਾਂ ਵਿਖਾ ਚੁੱਕਿਆ ਹੈ? ਜਿਹੜੇ ਵੀ ਤਸੀਹੇ ਤੁਸੀਂ ਸਾਨੂੰ ਦੇ ਰਹੇ ਹੋ, ਅਸੀਂ (ਭਾਵ ਰਸੂਲ) ਉਹਨਾਂ 'ਤੇ ਸਬਰ ਕਰਾਂਗੇ। ਭਰੋਸਾ ਕਰਨ ਵਾਲਿਆਂ ਨੂੰ ਤਾਂ ਇਹੋ ਫੱਬਦਾ ਹੈ।

وَمَا لَنَآ اَلَّا نَتَوَكَّلَ عَلَى اللّٰهِ وَقَدْ هَدٰىنَا سُبُلَنَا ؕ وَلَنَصْبِرَنَّ عَلٰى مَآ اٰذَيْتُمُوْنَا ؕ وَعَلَى اللّٰهِ فَلْيَتَوَكَّلِ الْمُتَوَكِّلُوْنَ ⑫

13. ਕਾਫ਼ਿਰਾਂ ਨੇ ਆਪਣੇ ਰਸੂਲਾਂ ਨੂੰ ਆਖਿਆ ਕਿ ਅਸੀਂ ਤੁਹਾਨੂੰ ਦੇਸ਼ ਨਿਕਾਲਾ ਦੇ ਦਿਆਂਗੇ ਜਾਂ ਤੁਸੀਂ ਸਾਡੇ ਧਰਮ ਵਿਚ ਮੁੜ ਆਓ। ਉਦੋਂ ਹੀ ਉਹਨਾਂ (ਰਸੂਲਾਂ) ਦੇ ਰੱਬ ਨੇ ਉਹਨਾਂ ਵੱਲ ਵਹੀ (ਸੰਦੇਸ਼) ਭੇਜੀ ਕਿ ਅਸੀਂ ਇਹਨਾਂ ਜ਼ਾਲਮਾਂ ਨੂੰ ਜ਼ਰੂਰ ਹੀ ਬਰਬਾਦ ਕਰ ਦਿਆਂਗੇ।

وَقَالَ الَّذِيْنَ كَفَرُوْا لِرُسُلِهِمْ لَنُخْرِجَنَّكُمْ مِّنْ اَرْضِنَآ اَوْ لَتَعُوْدُنَّ فِيْ مِلَّتِنَا ؕ فَاَوْحٰٓى اِلَيْهِمْ رَبُّهُمْ لَنُهْلِكَنَّ الظّٰلِمِيْنَ ⑬

14. ਅਤੇ ਇਹਨਾਂ (ਇਨਕਾਰੀਆਂ) ਤੋਂ ਮਗਰੋਂ ਅਸੀਂ ਤੁਹਾਨੂੰ (ਰਸੂਲਾਂ ਨੂੰ ਅਤੇ ਉਹਨਾਂ ਦੇ ਆਗਿਆਕਾਰੀਆਂ ਨੂੰ) ਧਰਤੀ 'ਤੇ ਵਸੇਬਾ ਦਿਆਂਗੇ। ਇਹ ਇਨਾਮ ਉਹਨਾਂ ਲਈ ਹੈ ਜਿਹੜੇ ਮੇਰੀ ਹਜ਼ੂਰੀ ਵਿਚ (ਕਿਆਮਤ ਦੀ

وَلَنُسْكِنَنَّكُمُ الْاَرْضَ مِنْۢ بَعْدِهِمْ ؕ ذٰلِكَ لِمَنْ خَافَ مَقَامِيْ وَخَافَ وَعِيْدِ ⑭

ਪੁੱਛ-ਗਿੱਛ ਲਈ) ਖੜ੍ਹੇ ਹੋਣ ਤੋਂ ਡਰਦੇ ਹਨ ਅਤੇ ਮੇਰੀਆਂ ਚਿਤਾਵਨੀਆਂ ਤੋਂ ਭੈਅ-ਭੀਤ ਰਹਿੰਦੇ ਹਨ।

15. ਉਹਨਾਂ (ਇਨਕਾਰੀਆਂ) ਨੇ ਫ਼ੈਸਲਾ (ਅਜ਼ਾਬ) ਮੰਗਿਆ ਸੀ ਅਤੇ (ਇਸੇ ਫ਼ੈਸਲੇ ਕਾਰਨ) ਸਾਰੇ ਹੀ ਬਾਗ਼ੀ ਤੇ ਆਕੜਣ ਵਾਲੇ ਨਾ-ਮੁਰਾਦ ਹੋ ਗਏ।

وَاسْتَفْتَحُوا وَخَابَ كُلُّ جَبَّارٍ عَنِيدٍ ﴿١٥﴾

16 ਇਸ ਤੋਂ ਅੱਗੇ (ਇਨਕਾਰੀਆਂ ਲਈ) ਨਰਕ ਹੈ ਜਿੱਥੇ ਉਹਨਾਂ ਨੂੰ ਪੀਪ ਵਾਲਾ ਪਾਣੀ ਪੀਣ ਲਈ ਦਿੱਤਾ ਜਾਵੇਗਾ।

مِّن وَرَائِهِ جَهَنَّمُ وَيُسْقَىٰ مِن مَّاءٍ صَدِيدٍ ﴿١٦﴾

17. ਜਿਸ ਨੂੰ ਉਹ (ਪਾਪੀ) ਘੁੱਟ-ਘੁੱਟ ਕਰਕੇ ਪੀਣਗੇ ਫੇਰ ਵੀ ਉਹ ਗੱਲ ਤੋਂ ਥੱਲੇ ਨਹੀਂ ਲੰਘਾ ਸਕਣਗੇ। ਹਰ ਪਾਸਿਓਂ ਮੌਤ ਉਹਨਾਂ ਵੱਲ ਵਧੇਗੀ, ਪਰ ਉਹ ਮਰਨਗੇ ਨਹੀਂ, ਕਿਉਂ ਜੋ ਉਹਨਾਂ ਦੇ ਅੱਗੇ ਅਤਿ ਕਰੜਾ ਅਜ਼ਾਬ ਹੋਵੇਗਾ।

يَتَجَرَّعُهُ وَلَا يَكَادُ يُسِيغُهُ وَيَأْتِيهِ الْمَوْتُ
مِن كُلِّ مَكَانٍ وَمَا هُوَ بِمَيِّتٍ ۖ وَمِن
وَرَائِهِ عَذَابٌ غَلِيظٌ ﴿١٧﴾

18. ਜਿਨ੍ਹਾਂ ਲੋਕਾਂ ਨੇ ਆਪਣੇ ਰੱਬ ਦਾ ਇਨਕਾਰ ਕੀਤਾ ਹੈ ਉਹਨਾਂ ਦੇ ਕਰਮਾਂ ਦੀ ਮਿਸਾਲ ਉਸ ਸੁਆਹ ਵਾਂਗ ਹੈ ਜਿਸ ਨੂੰ ਤੇਜ਼ ਹਨੇਰੀ ਵਾਲੇ ਦਿਨ ਦੀ ਹਵਾ ਨੇ ਉਡਾ ਦਿੱਤਾ ਹੋਵੇ (ਇਸੇ ਪ੍ਰਕਾਰ ਕਿਆਮਤ ਦਿਹਾੜੇ) ਜੋ ਵੀ ਉਹਨਾਂ (ਕਾਫ਼ਿਰਾਂ) ਨੇ (ਸੰਸਾਰ ਵਿਚ) ਕਮਾਇਆ ਹੈ, ਉਹ ਉਸ ਵਿੱਚੋਂ ਕਿਸੇ 'ਤੇ ਵੀ ਕੋਈ ਅਧਿਕਾਰ ਨਹੀਂ ਰੱਖਦੇ ਹੋਣਗੇ। ਇਹ ਪਰਲੇ ਦਰਜੇ ਦੀ ਗੁਮਰਾਹੀ ਹੈ।

مَّثَلُ الَّذِينَ كَفَرُوا بِرَبِّهِمْ ۖ أَعْمَالُهُمْ كَرَمَادٍ
اشْتَدَّتْ بِهِ الرِّيحُ فِي يَوْمٍ عَاصِفٍ ۖ
لَّا يَقْدِرُونَ مِمَّا كَسَبُوا عَلَىٰ شَيْءٍ ۚ ذَٰلِكَ هُوَ
الضَّلَالُ الْبَعِيدُ ﴿١٨﴾

19. ਕੀ ਤੁਸੀਂ ਨਹੀਂ ਵੇਖਿਆ ਕਿ ਅੱਲਾਹ ਨੇ ਅਕਾਸ਼ ਤੇ ਧਰਤੀ ਦੀ ਰਚਨਾ ਹੱਕ-ਸੱਚ ਨਾਲ ਕੀਤੀ ਹੈ ਜੇ ਉਹ (ਅੱਲਾਹ) ਚਾਹੇ ਤਾਂ ਤੁਹਾਨੂੰ ਸਾਰਿਆਂ ਨੂੰ (ਸੰਸਾਰ ਵਿੱਚੋਂ) ਲੈ ਜਾਵੇ ਅਤੇ (ਤੁਹਾਡੀ ਥਾਂ) ਇਕ ਨਵੀਂ ਮਖ਼ਲੂਕ (ਰਚਨਾ) ਲੈ ਆਵੇ।

أَلَمْ تَرَ أَنَّ اللَّهَ خَلَقَ السَّمَاوَاتِ وَالْأَرْضَ بِالْحَقِّ ۚ
إِن يَشَأْ يُذْهِبْكُمْ وَيَأْتِ بِخَلْقٍ جَدِيدٍ ﴿١٩﴾

20. ਅਤੇ ਅੱਲਾਹ ਲਈ ਇਹ ਕੰਮ ਕਰਨਾ ਕੁੱਝ ਵੀ ਔਖਾ ਨਹੀਂ।

وَمَا ذَٰلِكَ عَلَى اللَّهِ بِعَزِيزٍ ﴿20﴾

21. ਸਾਰੇ ਹੀ ਲੋਕ (ਕਿਆਮਤ ਦਿਹਾੜੇ) ਅੱਲਾਹ ਦੇ ਹਜ਼ੂਰ ਖੜੇ ਹੋਣਗੇ, ਫੇਰ ਕਮਜ਼ੋਰ ਲੋਕ (ਸੰਸਾਰ ਵਿਚ) ਘਮੰਡ ਕਰਨ ਵਾਲੇ (ਆਗੂਆਂ) ਨੂੰ ਕਹਿਣਗੇ ਕਿ ਅਸੀਂ ਤਾਂ ਤੁਹਾਡੇ ਹੀ ਅਧੀਨ ਸੀ, ਕੀ ਤੁਸੀਂ ਸਾਥੋਂ ਅੱਲਾਹ ਦਾ ਥੋੜ੍ਹਾ ਜਿਹਾ ਅਜ਼ਾਬ ਦੂਰ ਕਰ ਸਕਦੇ ਹੋ? ਉਹ (ਆਗੂ) ਆਖਣਗੇ ਕਿ ਜੇ ਅੱਲਾਹ ਸਾਨੂੰ ਹਿਦਾਇਤ ਦਿੰਦਾ ਤਾਂ ਅਸੀਂ ਜ਼ਰੂਰ ਤੁਹਾਨੂੰ ਹਿਦਾਇਤ ਦਿੰਦੇ। ਹੁਣ ਭਾਵੇਂ ਅਸੀਂ ਰੋਈਏ ਭਾਵੇਂ ਸਹਿਣ ਕਰੀਏ, ਸਾਡੇ ਲਈ ਇਕ ਸਮਾਨ ਹੈ। ਸਾਡੇ ਲਈ ਭੱਜਣ ਲਈ ਕੋਈ ਥਾਂ ਨਹੀਂ।

وَبَرَزُوا لِلَّهِ جَمِيعًا فَقَالَ الضُّعَفَاءُ لِلَّذِينَ
اسْتَكْبَرُوا إِنَّا كُنَّا لَكُمْ تَبَعًا فَهَلْ أَنْتُمْ
مُغْنُونَ عَنَّا مِنْ عَذَابِ اللَّهِ مِنْ شَيْءٍ ۚ
قَالُوا لَوْ هَدَانَا اللَّهُ لَهَدَيْنَاكُمْ ۖ سَوَاءٌ عَلَيْنَا
أَجَزِعْنَا أَمْ صَبَرْنَا مَا لَنَا مِنْ مَحِيصٍ ﴿٢١﴾

22. ਜਦੋਂ (ਕਰਮਾਂ ਦਾ) ਫ਼ੈਸਲਾ ਹੋ ਚੁੱਕੇਗਾ ਤਾਂ ਸ਼ੈਤਾਨ ਕਹੇਗਾ ਕਿ ਅੱਲਾਹ ਨੇ ਤਾਂ ਤੁਹਾਡੇ ਨਾਲ ਸੱਚਾ ਵਾਅਦਾ ਕੀਤਾ ਸੀ ਅਤੇ ਜਿਹੜੇ ਵਾਅਦੇ ਮੈਂਨੇ ਤੁਹਾਡੇ ਨਾਲ ਕੀਤੇ ਸੀ, ਉਹਨਾਂ 'ਚੋਂ ਕੋਈ ਵੀ ਪੂਰਾ ਨਹੀਂ ਕੀਤਾ। ਮੇਰਾ ਤੁਹਾਡੇ 'ਤੇ ਕੋਈ ਜ਼ੋਰ ਨਹੀਂ ਸੀ (ਕਿ ਮੇਰੇ ਆਖੇ ਲੱਗੋ)। ਮੈਂਨੇ ਤੁਹਾਨੂੰ (ਆਪਣੇ ਵੱਲ) ਬੁਲਾਇਆ ਅਤੇ ਤੁਸੀਂ ਮੇਰੀ ਗੱਲ ਮੰਨੀ ਸੋ ਮੈਨੂੰ ਦੋਸ਼ ਨਾ ਦਿਓ ਸਗੋਂ ਆਪਣੇ ਆਪ ਦੀ ਹੀ ਨਿੰਦਾ ਕਰੋ। ਇੱਥੇ ਨਾ ਹੀ ਮੈਂ ਤੁਹਾਡੀਆਂ ਬੇਨਤੀਆਂ ਮੰਨਣ ਵਾਲਾ ਹਾਂ ਅਤੇ ਨਾ ਹੀ ਤੁਸੀਂ ਮੇਰੀ ਬੇਨਤੀਆਂ ਨੂੰ ਪਰਵਾਨ ਕਰ ਸਕਦੇ ਹੋ। ਮੈਂ (ਸ਼ੈਤਾਨ) ਤਾਂ ਇਹ ਵੀ ਮੰਨਣ ਨੂੰ ਤਿਆਰ ਨਹੀਂ ਕਿ ਤੁਸੀਂ ਮੈਨੂੰ ਇਸ (ਕਿਆਮਤ) ਤੋਂ ਪਹਿਲਾਂ ਰੱਬ ਦਾ ਸ਼ਰੀਕ ਮੰਨਦੇ ਸੀ। ਬੇਸ਼ੱਕ ਜ਼ਾਲਮਾਂ ਲਈ ਦਰਦਨਾਕ ਅਜ਼ਾਬ ਹੈ।

وَقَالَ الشَّيْطَانُ لَمَّا قُضِيَ الْأَمْرُ إِنَّ اللَّهَ
وَعَدَكُمْ وَعْدَ الْحَقِّ وَوَعَدْتُكُمْ فَأَخْلَفْتُكُمْ ۖ
وَمَا كَانَ لِيَ عَلَيْكُمْ مِنْ سُلْطَانٍ إِلَّا أَنْ
دَعَوْتُكُمْ فَاسْتَجَبْتُمْ لِي ۖ فَلَا تَلُومُونِي وَلُومُوا
أَنْفُسَكُمْ ۖ مَا أَنَا بِمُصْرِخِكُمْ وَمَا أَنْتُمْ بِمُصْرِخِيَّ ۖ
إِنِّي كَفَرْتُ بِمَا أَشْرَكْتُمُونِ مِنْ قَبْلُ ۗ إِنَّ الظَّالِمِينَ
لَهُمْ عَذَابٌ أَلِيمٌ ﴿٢٢﴾

23. ਜਿਹੜੇ ਲੋਕੀ ਈਮਾਨ ਲਿਆਏ ਅਤੇ ਨੇਕ ਕੰਮ ਵੀ ਕੀਤੇ ਉਹ ਉਹਨਾਂ ਸਵਰਗਾਂ ਵਿਚ ਪ੍ਰਵੇਸ਼ ਕਰਨਗੇ ਜਿਨ੍ਹਾਂ ਦੇ ਹੇਠ ਨਹਿਰਾਂ ਵਗਦੀਆਂ ਹੋਣਗੀਆਂ, ਜਿੱਥੇ ਉਹ ਆਪਣੇ ਰੱਬ ਦੀ ਆਗਿਆ

وَأُدْخِلَ الَّذِينَ آمَنُوا وَعَمِلُوا الصَّالِحَاتِ جَنَّاتٍ
تَجْرِي مِنْ تَحْتِهَا الْأَنْهَارُ خَالِدِينَ فِيهَا بِإِذْنِ
رَبِّهِمْ ۖ تَحِيَّتُهُمْ فِيهَا سَلَامٌ ﴿٢٣﴾

ਨਾਲ ਸਦਾ ਲਈ ਰਹਿਣਗੇ ਤੇ ਉੱਥੇ ਉਹਨਾਂ ਦਾ ਸਵਾਗਤ "ਸਲਾਮ" ਨਾਲ ਹੋਵੇਗਾ।[1]

24. (ਹੇ ਨਬੀ!) ਕੀ ਤੁਸੀਂ ਨਹੀਂ ਵੇਖਿਆ ਕਿ ਅੱਲਾਹ ਨੇ ਪਵਿੱਤਰ ਕਲਮੇ (ਇਸਲਾਮ) ਦੀ ਉਦਾਹਰਨ ਕਿਵੇਂ ਦਿੱਤੀ ਹੈ ਕਿ ਉਹ ਇਕ ਪਾਕੀਜ਼ਾ ਦਰਖ਼ਤ ਵਾਂਗ ਹੈ, ਜਿਸ ਦੀਆਂ ਜੜ੍ਹਾਂ ਮਜ਼ਬੂਤ ਹਨ ਅਤੇ ਉਸ ਦੀਆਂ ਟਹਿਣੀਆਂ ਅਕਾਸ਼ ਵਿਚ ਹਨ।

أَلَمْ تَرَ كَيْفَ ضَرَبَ اللَّهُ مَثَلًا كَلِمَةً طَيِّبَةً كَشَجَرَةٍ طَيِّبَةٍ أَصْلُهَا ثَابِتٌ وَفَرْعُهَا فِي السَّمَاءِ ﴿٢٤﴾

25. ਉਹ ਆਪਣੇ ਰੱਬ ਦੇ ਹੁਕਮ ਨਾਲ ਹਰ ਵੇਲੇ ਫ਼ਲ ਦਿੰਦਾ ਹੈ। ਅੱਲਾਹ ਇਹ ਉਦਾਹਰਣਾਂ ਇਸ ਲਈ ਦਿੰਦਾ ਹੈ, ਤਾਂ ਜੋ ਲੋਕੀਂ ਸਿੱਖਿਆ ਪ੍ਰਾਪਤ ਕਰ ਸਕਣ।

تُؤْتِي أُكُلَهَا كُلَّ حِينٍ بِإِذْنِ رَبِّهَا ۗ وَيَضْرِبُ اللَّهُ الْأَمْثَالَ لِلنَّاسِ لَعَلَّهُمْ يَتَذَكَّرُونَ ﴿٢٥﴾

26 ਅਪਵਿੱਤਰ ਬੋਲ ਭਾਵ (ਸ਼ਿਰਕ ਤੇ ਕੁਫ਼ਰ) ਦੀ ਉਦਾਹਰਨ ਇਕ ਭੈੜੇ ਕਿਸਮ ਦੇ ਦਰਖ਼ਤ ਵਾਂਗ ਹੈ ਜਿਹੜਾ ਧਰਤੀ ਦੇ ਉੱਤੋਂ ਪੁੱਟ ਲਿਆ ਜਾਵੇ। (ਭਾਵ ਉਸ ਦੀਆਂ ਜੜ੍ਹਾਂ ਡੂੰਘੀਆਂ ਨਹੀਂ ਹੁੰਦੀਆਂ) ਉਹ ਟਿਕਾਊ ਨਹੀਂ ਹੁੰਦਾ।

وَمَثَلُ كَلِمَةٍ خَبِيثَةٍ كَشَجَرَةٍ خَبِيثَةٍ اجْتُثَّتْ مِنْ فَوْقِ الْأَرْضِ مَا لَهَا مِنْ قَرَارٍ ﴿٢٦﴾

27 ਅੱਲਾਹ ਈਮਾਨ ਵਾਲਿਆਂ ਨੂੰ ਇਹਨਾਂ ਠੋਸ ਗੱਲਾਂ (ਪਵਿੱਤਰ ਕਲਮੇ) ਰਾਹੀਂ ਲੋਕ ਪਰਲੋਕ ਵਿਚ ਦ੍ਰਿੜ੍ਹਤਾ ਬਖ਼ਸ਼ਦਾ ਹੈ।[2] ਅੱਲਾਹ ਜ਼ਾਲਮਾਂ ਨੂੰ

يُثَبِّتُ اللَّهُ الَّذِينَ آمَنُوا بِالْقَوْلِ الثَّابِتِ فِي الْحَيَاةِ الدُّنْيَا وَفِي الْآخِرَةِ ۖ وَيُضِلُّ اللَّهُ الظَّالِمِينَ ۚ وَيَفْعَلُ اللَّهُ مَا يَشَاءُ ﴿٢٧﴾

---

[1] ਵੇਖੋ ਸੂਰਤ ਅਲ-ਨਿਸਾ, ਹਾਸ਼ੀਆ ਆਇਤ 86/4

[2] ਭਾਵ ਮਰਨ ਮਗਰੋਂ ਜਦੋਂ ਫ਼ਰਿਸ਼ਤੇ ਉਹਨਾਂ ਤੋਂ ਕਬਰਾਂ ਵਿਚ ਤ੍ਰਿੰਨ ਸਵਾਲ ਕਰਨਗੇ। 1. ਤੇਰਾ ਰੱਬ ਕੌਣ ਹੈ। 2. ਤੇਰਾ ਦੀਨ ਕਿਹੜਾ ਹੈ। 3. ਤੁਸੀਂ ਇਸ ਮਨੁੱਖ ਮੁਹੰਮਦ (ਸ:) ਦੇ ਸੰਬੰਧ ਵਿਚ, ਜਿਸ ਨੂੰ ਤੁਹਾਡੇ ਵੱਲ ਭੇਜਿਆ ਗਿਆ ਸੀ, ਕੀ ਆਖਦੇ ਸੀ? ਈਮਾਨ ਵਾਲੇ ਇਸ ਦੇ ਸਹੀ ਉੱਤਰ ਦੇਣਗੇ ਕਿ ਅੱਲਾਹ ਮੇਰਾ ਰੱਬ ਹੈ, ਮੇਰਾ ਦੀਨ ਇਸਲਾਮ ਹੈ ਅਤੇ ਇਹ ਮੁਹੰਮਦ (ਸ:) ਅੱਲਾਹ ਦੇ ਰਸੂਲ ਹਨ। ਜਿਹੜੇ ਸਾਡੇ ਕੋਲ ਖੁੱਲ੍ਹੀਆਂ ਨਿਸ਼ਾਨੀਆਂ ਲਿਆਏ ਹਨ ਅਤੇ ਸਾਡਾ ਇਹਨਾਂ ਉੱਤੇ ਈਮਾਨ ਹੈ ਜਦ ਕਿ ਗੁਨਾਹਗਾਰ ਜਿਹੜੇ ਮੁਹੰਮਦ (ਸ:) 'ਤੇ ਈਮਾਨ ਨਹੀਂ ਰੱਖਦੇ ਉਹ ਇਹਨਾਂ ਸਵਾਲਾਂ ਦਾ ਸਹੀ ਉੱਤਰ ਨਹੀਂ ਦੇ ਸਕਣਗੇ। (ਵੇਖੋ ਸੂਰਤ ਅਲ-ਅਨਾਮ, ਹਾਸ਼ੀਆ ਆਇਤ 93/6 ਅਤੇ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3)

ਕੁਰਾਹੇ ਪਾਉਂਦਾ ਹੈ ਅਤੇ ਅੱਲਾਹ ਜੋ ਵੀ ਚਾਹੁੰਦਾ ਹੈ ਕਰਦਾ ਹੈ।

28. (ਹੇ ਨਬੀ ਸ:!) ਕੀ ਤੁਸੀਂ ਉਹਨਾਂ ਨੂੰ ਨਹੀਂ ਵੇਖਿਆ ਜਿਨ੍ਹਾਂ ਨੇ ਅੱਲਾਹ ਦੀ ਨਿਆਮਤ (ਈਮਾਨ) ਨੂੰ ਕੁਫ਼ਰ ਨਾਲ ਬਦਲ ਲਿਆ ਅਤੇ ਆਪਣੀ ਕੌਮ ਨੂੰ ਵੀ ਬਰਬਾਦੀ ਦੇ ਘਰ ਵਿਚ ਧੱਕ ਦਿੱਤਾ।

أَلَمْ تَرَ إِلَى الَّذِينَ بَدَّلُوا نِعْمَتَ اللَّهِ كُفْرًا
وَأَحَلُّوا قَوْمَهُمْ دَارَ الْبَوَارِ (28)

29. ਭਾਵ ਉਹ ਸਾਰੇ ਉਸ ਨਰਕ ਵਿਚ ਜਾਣਗੇ ਅਤੇ ਜਿਹੜਾ ਬਹੁਤ ਹੀ ਭੈੜਾ ਟਿਕਾਣਾ ਹੈ।

جَهَنَّمَ يَصْلَوْنَهَا ۖ وَبِئْسَ الْقَرَارُ (29)

30. ਉਹਨਾਂ ਨੇ ਅੱਲਾਹ ਦੇ ਸ਼ਰੀਕ ਬਣਾ ਰੱਖੇ ਹਨ ਤਾਂ ਜੋ ਲੋਕਾਂ ਨੂੰ ਉਹਦੇ (ਅੱਲਾਹ ਦੇ) ਰਾਹੋਂ ਕੁਰਾਹੇ ਪਾ ਦੇਣ। (ਹੇ ਨਬੀ!) ਤੁਸੀਂ ਆਖ ਦਿਓ ਕਿ (ਦੁਨੀਆਂ ਦਾ) ਲਾਭ ਉਠਾ ਲਓ, ਅੰਤ ਤੁਹਾਡਾ ਟਿਕਾਣਾ ਤਾਂ ਨਰਕ ਦੀ ਅੱਗ ਹੀ ਹੈ।

وَجَعَلُوا لِلَّهِ أَندَادًا لِّيُضِلُّوا عَن سَبِيلِهِ ۗ
قُلْ تَمَتَّعُوا فَإِنَّ مَصِيرَكُمْ إِلَى النَّارِ (30)

31. (ਹੇ ਨਬੀ!) ਮੇਰੇ ਈਮਾਨ ਵਾਲੇ ਬੰਦਿਆਂ ਨੂੰ ਆਖ ਦਿਓ ਕਿ ਨਮਾਜ਼ ਕਾਇਮ ਕਰਨ ਅਤੇ ਜੋ ਵੀ ਅਸੀਂ ਉਹਨਾਂ ਨੂੰ ਬਖ਼ਸ਼ਿਆ ਹੈ, ਉਸ ਵਿੱਚੋਂ ਕੁੱਝ ਨਾ ਕੁੱਝ ਲੁਕਾਵਾਂ ਜਾਂ ਐਲਾਨੀਆਂ (ਰੱਬ ਦੀ ਰਾਹ ਵਿਚ) ਖ਼ਰਚ ਕਰਨ। ਇਸ ਤੋਂ ਪਹਿਲਾਂ ਕਿ ਉਹ (ਕਿਆਮਤ ਦਾ) ਦਿਹਾੜਾ ਆਵੇ, ਜਿਸ ਵਿਚ ਨਾ ਕੋਈ ਸੌਦੇਬਾਜ਼ੀ ਹੋਵੇਗੀ ਅਤੇ ਨਾ ਹੀ ਦੋਸਤੀ ਕੰਮ ਆਵੇਗੀ।

قُل لِّعِبَادِيَ الَّذِينَ آمَنُوا يُقِيمُوا الصَّلَاةَ وَيُنفِقُوا
مِمَّا رَزَقْنَاهُمْ سِرًّا وَعَلَانِيَةً مِّن قَبْلِ أَن يَأْتِيَ
يَوْمٌ لَّا بَيْعٌ فِيهِ وَلَا خِلَالٌ (31)

32. ਅੱਲਾਹ ਉਹ ਹੈ ਜਿਸ ਨੇ ਅਕਾਸ਼ਾਂ ਨੂੰ ਤੇ ਧਰਤੀ ਨੂੰ ਪੈਦਾ ਕੀਤਾ ਅਤੇ ਅਕਾਸ਼ ਤੋਂ ਪਾਣੀ ਨਾਜ਼ਿਲ ਕੀਤਾ, ਫੇਰ ਉਸੇ (ਪਾਣੀ) ਰਾਹੀਂ ਤੁਹਾਡੇ ਰਿਜ਼ਕ ਵਜੋਂ ਤਰ੍ਹਾਂ-ਤਰ੍ਹਾਂ ਦੇ ਫਲ ਪੈਦਾ ਕੀਤੇ ਅਤੇ

اللَّهُ الَّذِي خَلَقَ السَّمَاوَاتِ وَالْأَرْضَ وَأَنزَلَ
مِنَ السَّمَاءِ مَاءً فَأَخْرَجَ بِهِ مِنَ الثَّمَرَاتِ
رِزْقًا لَّكُمْ ۖ وَسَخَّرَ لَكُمُ الْفُلْكَ لِتَجْرِيَ
فِي الْبَحْرِ بِأَمْرِهِ ۖ وَسَخَّرَ لَكُمُ الْأَنْهَارَ (32)

ਕਿਸ਼ਤੀਆਂ (ਬੇੜੀਆਂ) ਨੂੰ ਤੁਹਾਡੇ ਵੱਸ ਵਿਚ ਕਰ ਛੱਡਿਆ ਹੈ ਤਾਂ ਜੋ ਸਮੁੰਦਰਾਂ ਵਿਚ ਉਹ ਦੇ ਹੁਕਮ ਨਾਲ ਚੱਲਣ ਅਤੇ ਦਰਿਆਵਾਂ ਨੂੰ ਤੁਹਾਡੇ ਵੱਸ ਵਿਚ ਕੀਤਾ ਹੋਇਆ ਹੈ।

33. (ਉਸੀ ਅੱਲਾਹ ਨੇ) ਸੂਰਜ ਤੇ ਚੰਨ ਨੂੰ ਤੁਹਾਡੀ ਸੇਵਾ 'ਤੇ ਲਾਇਆ ਜੋ ਕਿ ਲਗਾਤਾਰ ਚੱਲ ਰਹੇ ਹਨ ਅਤੇ ਰਾਤ ਤੇ ਦਿਨ ਨੂੰ ਵੀ ਤੁਹਾਡੀ ਸੇਵਾ 'ਤੇ ਲਾ ਰੱਖਿਆ ਹੈ।

وَسَخَّرَ لَكُمُ الشَّمْسَ وَالْقَمَرَ دَآئِبَيْنِ ۚ
وَسَخَّرَ لَكُمُ الَّيْلَ وَالنَّهَارَ ﴿33﴾

34. ਅਤੇ ਤੁਹਾਨੂੰ ਹਰ ਉਹ ਚੀਜ਼ ਬਖ਼ਸ਼ੀ ਹੈ ਜੋ ਤੁਸੀਂ ਉਸ ਤੋਂ ਮੰਗੀ। ਜੇ ਤੁਸੀਂ ਅੱਲਾਹ ਦੀਆਂ ਨਿਆਮਤਾਂ ਦੀ ਗਿਣਤੀ ਕਰਨਾ ਚਾਹੋ ਤਾਂ ਉਹਨਾਂ ਨੂੰ ਗਿਣ ਨਹੀਂ ਸਕਦੇ। ਬੇਸ਼ੱਕ ਮਨੁੱਖ ਬਹੁਤ ਹੀ ਬੇਇਨਸਾਫ਼ ਤੇ ਨਾਸ਼ੁਕਰਾ ਹੈ।

وَاٰتٰىكُمْ مِّنْ كُلِّ مَا سَاَلْتُمُوْهُ ؕ وَاِنْ تَعُدُّوْا
نِعْمَتَ اللّٰهِ لَا تُحْصُوْهَا ؕ اِنَّ الْاِنْسَانَ لَظَلُوْمٌ
كَفَّارٌ ﴿34﴾

35. ਹੇ ਨਬੀ! ਇਹ ਵੀ ਯਾਦ ਕਰੋ ਕਿ ਜਦੋਂ ਇਬਰਾਹੀਮ ਨੇ ਅਰਦਾਸ ਕੀਤੀ ਸੀ ਕਿ ਹੇ ਮੇਰੇ ਮਾਲਿਕ! ਇਸ ਸ਼ਹਿਰ (ਮੱਕੇ) ਨੂੰ ਅਮਨ ਸ਼ਾਂਤੀ ਵਾਲਾ ਸ਼ਹਿਰ ਬਣਾ ਦੇ ਅਤੇ ਮੈਨੂੰ ਅਤੇ ਮੇਰੀ ਸੰਤਾਨ ਨੂੰ ਮੂਰਤੀ ਪੂਜਾ ਤੋਂ ਬਚਾ ਲੈ।

وَاِذْ قَالَ اِبْرٰهِيْمُ رَبِّ اجْعَلْ هٰذَا الْبَلَدَ
اٰمِنًا وَّاجْنُبْنِيْ وَبَنِيَّ اَنْ نَّعْبُدَ الْاَصْنَامَ ﴿35﴾

36. (ਅਤੇ ਕਿਹਾ ਕਿ) ਹੇ ਮੇਰਿਆ ਰੱਬਾ! ਇਹਨਾਂ (ਮੂਰਤੀਆਂ) ਨੇ ਬਹੁਤ ਸਾਰੇ ਲੋਕਾਂ ਨੂੰ ਕੁਰਾਹੇ ਪਾਇਆ ਹੈ, ਸੋ ਜਿਹੜਾ ਵੀ (ਮੇਰੀ ਸੰਤਾਨ ਵਿੱਚੋਂ) ਮੇਰੀ ਪੈਰਵੀ ਕਰੇਗਾ, ਉਹੀਓ ਮੇਰਾ ਹੈ ਅਤੇ ਜਿਹੜਾ ਮੇਰੀ ਨਾ-ਫ਼ਰਮਾਨੀ ਕਰੇਗਾ ਤਾਂ ਬੇਸ਼ੱਕ ਤੂੰ ਬਖ਼ਸ਼ਣਹਾਰ ਤੇ ਮਿਹਰਬਾਨ ਹੈਂ।

رَبِّ اِنَّهُنَّ اَضْلَلْنَ كَثِيْرًا مِّنَ النَّاسِ ۚ فَمَنْ
تَبِعَنِيْ فَاِنَّهٗ مِنِّيْ ۚ وَمَنْ عَصَانِيْ فَاِنَّكَ
غَفُوْرٌ رَّحِيْمٌ ﴿36﴾

37 ਹੇ ਸਾਡੇ ਰੱਬਾ! ਬੇਸ਼ੱਕ ਮੈਂ ਨੇ ਆਪਣੇ ਪਰਿਵਾਰ ਦਾ ਇਕ ਭਾਗ ਤੇਰੇ ਪਵਿੱਤਰ ਘਰ (ਖ਼ਾਨਾ-ਕਾਅਬਾ)

رَبَّنَآ اِنِّيْۤ اَسْكَنْتُ مِنْ ذُرِّيَّتِيْ بِوَادٍ غَيْرِ ذِيْ زَرْعٍ
عِنْدَ بَيْتِكَ الْمُحَرَّمِ ۙ رَبَّنَا لِيُقِيْمُوا الصَّلٰوةَ فَاجْعَلْ

أَفْئِدَةً مِّنَ النَّاسِ تَهْوِي إِلَيْهِمْ وَارْزُقْهُم مِّنَ الثَّمَرَاتِ لَعَلَّهُمْ يَشْكُرُونَ 37

ਦੇ ਲਾਗੇ ਇਕ ਰੜੀ ਬਿਆਬਾਨ ਵਿਚ ਲਿਆ ਵਸਾਇਆ ਹੈ ਹੇ ਸਾਡੇ ਰੱਬਾ! (ਇਹ ਮੈਂ ਇਸ ਲਈ ਕੀਤਾ ਹੈ) ਕਿ ਉਹ (ਉੱਥੇ) ਨਮਾਜ਼

ਕਾਇਮ ਕਰਨ, ਇਸ ਲਈ ਤੂੰ ਵੀ ਕੁੱਝ ਲੋਕਾਂ ਦੇ ਦਿਲਾਂ ਨੂੰ ਇਸ ਵਿਚ ਰਹਿਣ ਦਾ ਇੱਛੁਕ ਬਣਾ ਦੇ ਅਤੇ ਇਹਨਾਂ ਨੂੰ ਹਰ ਤਰ੍ਹਾਂ ਦੇ ਫਲਾਂ ਦੁਆਰਾ ਰਿਜ਼ਕ ਦੇ, ਤਾਂ ਜੋ ਇਹ (ਤੇਰੇ) ਧੰਨਵਾਦੀ ਹੋਣ।

رَبَّنَا إِنَّكَ تَعْلَمُ مَا نُخْفِي وَمَا نُعْلِنُ ۗ وَمَا يَخْفَىٰ عَلَى اللَّهِ مِن شَيْءٍ فِي الْأَرْضِ وَلَا فِي السَّمَاءِ 38

38. ਹੇ ਮੇਰੇ ਮਾਲਿਕ! ਬੇਸ਼ੱਕ ਤੂੰ ਚੰਗੀ ਤਰ੍ਹਾਂ ਜਾਣਦਾ ਹੈ ਜੋ ਅਸੀਂ (ਦਿਲਾਂ ਵਿਚ) ਲੁਕਾਉਂਦੇ ਹਾਂ

---

[1] ਇਸ ਵਿਚ ਉਸ ਘਟਨਾ ਦੀ ਚਰਚਾ ਕੀਤੀ ਗਈ ਹੈ ਜਦੋਂ ਹਜ਼ਰਤ ਇਬਰਾਹੀਮ ਨੇ ਅੱਲਾਹ ਦੇ ਹੁਕਮ ਨਾਲ ਆਪਣੀ ਪਤਨੀ ਸਣੇ ਆਪਣੇ ਦੁੱਧ ਪੀਂਦੇ ਬੱਚੇ ਇਸਮਾਈਲ ਨੂੰ ਇਕ ਵਿਰਾਨੇ ਵਿਚ ਛੱਡ ਆਏ ਸੀ। ਇਕ ਵਿਸਤਾਰਪੂਰਵਕ ਹਦੀਸ ਦੀ ਚਰਚਾ ਕਰਦੇ ਹੋਏ ਇਬਨੇ ਅੱਬਾਸ ਫ਼ਰਮਾਉਂਦੇ ਹਨ ਕਿ ਜਦੋਂ ਹਜ਼ਰਤ ਇਬਰਾਹੀਮ ਨੇ ਇਸਮਾਈਲ ਅਤੇ ਉਹਨਾਂ ਦੀ ਮਾਤਾ ਜਿਹੜੀ ਅਜੇ ਇਸਮਾਈਲ ਨੂੰ ਆਪਣਾ ਦੁੱਧ ਪਿਆਉਂਦੀ ਸੀ ਖ਼ਾਨਾ ਕਾਅਬਾ ਦੇ ਨੇੜੇ ਜ਼ਮਜ਼ਮ ਦੇ ਕੋਲ ਆਬਾਦ ਕੀਤਾ ਅਤੇ ਉਹਨਾਂ ਦੋਨਾਂ ਦੇ ਕੋਲ ਇਕ ਥੈਲੇ ਵਿਚ ਖਜੂਰਾਂ ਅਤੇ ਮਸ਼ਕ ਵਿਚ ਪਾਣੀ ਰੱਖ ਦਿੱਤਾ ਉਸ ਸਮੇਂ ਉਸ ਥਾਂ ਵਿਚ ਕੋਈ ਮਨੁੱਖੀ ਆਬਾਦੀ ਨਹੀਂ ਸੀ ਅਤੇ ਨਾ ਹੀ ਪਾਣੀ ਸੀ। ਜਦੋਂ ਹਜ਼ਰਤ ਇਬਰਾਹੀਮ ਉਨ੍ਹਾਂ ਦੋਹਾਂ ਨੂੰ ਛੱਡ ਕੇ ਮੁੜਨ ਲੱਗੇ ਤਾਂ ਇਸਮਾਈਲ ਦੀ ਮਾਤਾ ਨੇ ਉਨ੍ਹਾਂ ਨੂੰ ਆਖਿਆ ਕਿ ਹੇ ਇਬਰਾਹੀਮ ਤੁਸੀਂ ਸਾਨੂੰ ਇਕ ਐਸੀ ਘਾਟੀ ਵਿਚ ਛੱਡ ਕੇ ਜਾ ਰਹੇ ਹੋ ਜਿੱਥੇ ਨਾ ਕੋਈ ਮਨੁੱਖ ਹੈ ਅਤੇ ਨਾ ਹੀ ਕੋਈ ਹੋਰ ਚੀਜ਼। ਇਬਰਾਹੀਮ ਨੇ ਜਵਾਬ ਦਿੱਤਾ ਕਿ ਅੱਲਾਹ ਨੇ ਮੈਨੂੰ ਇਹੋ ਹੁਕਮ ਦਿੱਤਾ ਹੈ। ਜਦੋਂ ਇਹ ਖਜੂਰਾਂ ਤੇ ਪਾਣੀ ਮੁੱਕ ਗਿਆ ਤਾਂ ਬੀਬੀ ਹਾਜਰਾ ਪਾਣੀ ਦੀ ਭਾਲ ਵਿਚ ਸਫ਼ਾ ਤੇ ਮਰਵਾ ਵਿਚਕਾਰ ਬੇਚੈਨੀ ਨਾਲ ਚੱਕਰ ਲਾਉਣ ਲੱਗ ਪਈਆਂ ਤਾਂ ਜੋ ਪਾਣੀ ਆਦਿ ਮਿਲ ਸਕੇ। ਅੰਤ ਅੱਲਾਹ ਦੇ ਹੁਕਮ ਨਾਲ ਇਕ ਫ਼ਰਿਸ਼ਤੇ ਨੇ ਉਸ ਥਾਂ ਆਪਣੀ ਅੱਡੀ ਜਾਂ ਪੈਰ ਮਾਰਿਆ ਜਿਸ ਤੋਂ ਜ਼ਮਜ਼ਮ ਦਾ ਜਲ ਫੁੱਟ ਪਿਆ। ਇਸੇ ਪਾਣੀ ਕਾਰਨ ਉੱਥੇ ਇਕ ਕਬੀਲਾ ਵੀ ਆਬਾਦ ਹੋਇਆ ਅਤੇ ਇਸੇ ਕਬੀਲੇ ਦੀ ਦੋ ਲੜਕੀਆਂ ਨਾਲ ਇਕ ਤੋਂ ਬਾਅਦ ਦੂਜੀ ਨਾਲ ਹਜ਼ਰਤ ਇਸਮਾਈਲ ਨੇ ਵਿਆਹ ਕੀਤਾ। ਕੁਝ ਸਮੇਂ ਬਾਅਦ ਹਜ਼ਰਤ ਇਬਰਾਹੀਮ ਉਨ੍ਹਾਂ ਦੀ ਖ਼ਬਰ ਲੈਣ ਗਏ ਅਤੇ ਫੇਰ ਦੋਵੇਂ ਪਿਓ ਪੁੱਤਰ ਨੇ ਖ਼ਾਨਾ ਕਾਅਬਾ ਦੀ ਉਸਾਰੀ ਸ਼ੁਰੂ ਕੀਤੀ। ਹਜ਼ਰਤ ਇਸਮਾਈਲ ਪੱਥਰ ਚੁੱਕ ਕੇ ਲਿਆਉਂਦੇ ਸੀ ਅਤੇ ਹਜ਼ਰਤ ਇਬਰਾਹੀਮ ਉਸਾਰੀ ਕਰਦੇ ਸੀ। ਅਤੇ ਦੋਵੇਂ ਅੱਲਾਹ ਤੋਂ ਇਹ ਅਰਦਾਸ ਕਰਦੇ ਸੀ ਕਿ ਹੇ ਸਾਡੇ ਰੱਬ ਸਾਡੀ ਇਹ ਸੇਵਾ ਕਬੂਲ ਕਰ ਬੇਸ਼ੱਕ ਤੂੰ ਹੀ ਸੁਣਨ ਵਾਲਾ ਤੇ ਜਾਨਣ ਵਾਲਾ ਹੈ। (ਸੂਰਤ ਅਲ-ਬਕਰਹ 127/2) ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਦੋਨੋਂ ਇਬਰਾਹੀਮ ਅਤੇ ਇਸਮਾਈਲ ਅੱਲਾਹ ਦੇ ਘਰ ਦੀ ਉਸਾਰੀ ਕਰਦੇ ਰਹੇ ਅਤੇ ਉਸ ਦੇ ਆਲੇ ਦੁਆਲੇ ਤਵਾਫ਼ ਕਰਦੇ ਹੋਏ ਇਹੀ ਦੁਆ ਕਰਦੇ ਸੀ। (ਸਹੀ ਬੁਖ਼ਾਰੀ, ਹਦੀਸ: 3364)

ਅਤੇ ਜੋ ਪ੍ਰਗਟ ਕਰਦੇ ਹਾਂ। ਧਰਤੀ ਤੇ ਅਕਾਸ਼ ਦੀ ਕੋਈ ਵੀ ਵਸਤੂ ਅੱਲਾਹ ਤੋਂ ਲੁਕੀ ਹੋਈ ਨਹੀਂ।

39. ਇਬਰਾਹੀਮ ਨੇ ਆਖਿਆ ਕਿ ਸ਼ੁਕਰ ਹੈ ਉਸ ਮਾਲਿਕ ਦਾ ਜਿਸ ਨੇ ਮੈਨੂੰ ਇਸ ਬੁਢਾਪੇ ਵਿਚ ਇਸਮਾਈਲ (ਪੁੱਤਰ) ਤੇ ਇਸਹਾਕ (ਪੋਤਰਾ) ਬਖ਼ਸ਼ੇ। ਬੇਸ਼ੱਕ ਮੇਰਾ ਪਾਲਣਹਾਰ ਦੁਆਵਾਂ ਨੂੰ ਸੁਣਨ ਵਾਲਾ ਹੈ।

ٱلْحَمْدُ لِلَّهِ ٱلَّذِى وَهَبَ لِى عَلَى ٱلْكِبَرِ إِسْمَٰعِيلَ وَإِسْحَٰقَ ۚ إِنَّ رَبِّى لَسَمِيعُ ٱلدُّعَآءِ 39

40 ਇਬਰਾਹੀਮ ਨੇ ਦੁਆ ਕੀਤੀ ਕਿ ਹੇ ਮੇਰੇ ਅੱਲਾਹ! ਮੈਨੂੰ ਤੇ ਮੇਰੀ ਸੰਤਾਨ ਨੂੰ ਨਮਾਜ਼ ਕਾਇਮ ਕਰਨ ਵਾਲਾ ਬਣਾ। ਹੇ ਸਾਡੇ ਰੱਬ! ਮੇਰੀ ਦੁਆ ਨੂੰ ਕਬੂਲ ਕਰ ਲੈ।

رَبِّ ٱجْعَلْنِى مُقِيمَ ٱلصَّلَوٰةِ وَمِن ذُرِّيَّتِى ۚ رَبَّنَا وَتَقَبَّلْ دُعَآءِ 40

41. ਹੇ ਮੇਰੇ ਪਾਲਣਹਾਰ! ਜਿਸ ਦਿਨ ਲੇਖਾ-ਜੋਖਾ ਹੋਵੇਗਾ ਉਸ ਦਿਨ ਮੈਨੂੰ, ਮੇਰੇ ਮਾਂ-ਪਿਓ ਨੂੰ ਅਤੇ ਸਾਰੇ ਮੋਮਿਨਾਂ ਨੂੰ ਵੀ ਬਖ਼ਸ਼ ਦੇਵੀਂ।

رَبَّنَا ٱغْفِرْ لِى وَلِوَٰلِدَىَّ وَلِلْمُؤْمِنِينَ يَوْمَ يَقُومُ ٱلْحِسَابُ 41

42 (ਹੇ ਨਬੀ) ਤੁਸੀਂ ਇਹ ਨਾ ਸਮਝੋ ਕਿ ਅੱਲਾਹ ਉਹਨਾਂ ਜ਼ਾਲਮਾਂ ਦੇ ਜ਼ੁਲਮ ਤੋਂ ਅਚੇਤ ਹੈ। ਉਹ ਤਾਂ ਉਹਨਾਂ (ਕਾਫ਼ਿਰਾਂ) ਨੂੰ ਉਸ (ਕਿਆਮਤ) ਦਿਹਾੜੇ ਤਕ ਮੋਹਲਤ ਦੇਵੇਗਾ ਜਿਸ ਦਿਨ ਅੱਖਾਂ ਫਟੀਆਂ ਰਹਿ ਜਾਣਗੀਆਂ।

وَلَا تَحْسَبَنَّ ٱللَّهَ غَٰفِلًا عَمَّا يَعْمَلُ ٱلظَّٰلِمُونَ ۚ إِنَّمَا يُؤَخِّرُهُمْ لِيَوْمٍ تَشْخَصُ فِيهِ ٱلْأَبْصَٰرُ 42

43. (ਉਸ ਦਿਨ) ਉਹ (ਕਾਫ਼ਿਰ) ਆਪਣੇ ਸਿਰ (ਮੂੰਹ) ਉਤਾਂਹ ਚੁੱਕੀ (ਹਸ਼ਰ ਦੇ ਮੈਦਾਨ ਵੱਲ) ਨੱਸੇ ਜਾ ਰਹੇ ਹੋਣਗੇ, ਉਹਨਾਂ ਦੀਆਂ ਨਜ਼ਰਾਂ ਆਪਣੇ ਵੱਲ ਵੀ ਨਹੀਂ ਜਾਣਗੀਆਂ ਅਤੇ ਉਹਨਾਂ ਦੇ ਦਿਲ (ਦਹਿਸ਼ਤ ਨਾਲ) ਉੱਡੇ ਜਾ ਰਹੇ ਹੋਣਗੇ।

مُهْطِعِينَ مُقْنِعِى رُءُوسِهِمْ لَا يَرْتَدُّ إِلَيْهِمْ طَرْفُهُمْ ۖ وَأَفْـِٔدَتُهُمْ هَوَآءٌ 43

44. (ਹੇ ਨਬੀ ਸ:!) ਲੋਕਾਂ ਨੂੰ ਉਸ (ਕਿਆਮਤ ਦਿਹਾੜੇ) ਤੋਂ ਸਾਵਧਾਨ ਕਰ ਦਿਓ ਜਦੋਂ ਉਹਨਾਂ ਨੂੰ ਅਜ਼ਾਬ ਆ ਘੇਰੇਗਾ ਅਤੇ ਜ਼ਾਲਮ ਲੋਕ ਆਖਣਗੇ ਕਿ ਹੇ ਸਾਡੇ ਰੱਬਾ, ਸਾਨੂੰ ਥੋੜ੍ਹੀ ਜਿਹੀ ਮੋਹਲਤ ਹੋਰ ਦੇ ਦਿਓ, ਤਾਂ ਜੋ ਅਸੀਂ ਤੇਰੇ ਸੱਦੇ ਨੂੰ ਸਵੀਕਾਰ ਕਰੀਏ ਅਤੇ ਤੇਰੇ ਰਸੂਲਾਂ ਦੇ ਹੁਕਮਾਂ ਦੀ ਪਾਲਣਾ ਕਰੀਏ। (ਅੱਲਾਹ ਆਖੇਗਾ) ਕੀ ਤੁਸੀਂ ਇਸ ਤੋਂ ਪਹਿਲਾਂ ਸੁੰਹਾਂ ਖਾ ਖਾ ਕੇ ਆਖਦੇ ਨਹੀਂ ਸੀ ਕਿ ਅਸੀਂ ਤਾਂ ਸੰਸਾਰ ਤੋਂ ਕਦੇ ਜਾਣਾ ਹੀ ਨਹੀਂ?

وَأَنذِرِ النَّاسَ يَوْمَ يَأْتِيهِمُ الْعَذَابُ فَيَقُولُ الَّذِينَ ظَلَمُوا رَبَّنَا أَخِّرْنَا إِلَىٰ أَجَلٍ قَرِيبٍ نُّجِبْ دَعْوَتَكَ وَنَتَّبِعِ الرُّسُلَ ۗ أَوَلَمْ تَكُونُوا أَقْسَمْتُم مِّن قَبْلُ مَا لَكُم مِّن زَوَالٍ ﴿٤٤﴾

45. ਤੁਸੀਂ ਉਹਨਾਂ ਲੋਕਾਂ ਦੀਆਂ ਬਸਤੀਆਂ ਵਿਚ ਰਹਿੰਦੇ ਵੱਸਦੇ ਸੀ, ਜਿਨ੍ਹਾਂ ਨੇ ਆਪ ਆਪਣੇ 'ਤੇ ਜ਼ੁਲਮ ਕੀਤਾ ਸੀ ਅਤੇ ਤੁਹਾਨੂੰ ਇਹ ਵੀ ਪਤਾ ਸੀ ਕਿ ਅਸੀਂ ਉਹਨਾਂ ਨਾਲ ਕਿਹੋ ਜਿਹਾ ਵਰਤਾਓ ਕੀਤਾ ਸੀ। ਅਸੀਂ ਤਾਂ ਤੁਹਾਡੇ ਸਮਝਾਉਣ ਲਈ ਬਥੇਰੀਆਂ ਉਦਾਹਰਣਾਂ ਵੀ ਦਿੱਤੀਆਂ ਸੀ।

وَسَكَنتُمْ فِي مَسَاكِنِ الَّذِينَ ظَلَمُوا أَنفُسَهُمْ وَتَبَيَّنَ لَكُمْ كَيْفَ فَعَلْنَا بِهِمْ وَضَرَبْنَا لَكُمُ الْأَمْثَالَ ﴿٤٥﴾

46. ਉਹ ਆਪਣੀਆਂ ਚਾਲਾਂ ਚੱਲ ਚੁੱਕੇ ਅਤੇ ਅੱਲਾਹ ਉਹਨਾਂ ਦੀਆਂ ਸਾਰੀਆਂ ਚਾਲਾਂ ਨੂੰ ਅੱਲਾਹ ਜਾਣਦਾ ਹੈ ਉਹਨਾਂ ਦੀਆਂ ਚਾਲਾਂ ਅਜਿਹੀਆਂ ਵੀ ਨਹੀਂ ਸੀ ਕਿ (ਉਹਨਾਂ ਚਾਲਾਂ ਨਾਲ) ਪਹਾੜ ਹੀ ਹਿਲ ਜਾਂਦੇ।

وَقَدْ مَكَرُوا مَكْرَهُمْ وَعِندَ اللَّهِ مَكْرُهُمْ وَإِن كَانَ مَكْرُهُمْ لِتَزُولَ مِنْهُ الْجِبَالُ ﴿٤٦﴾

47. (ਹੇ ਮੁਹੰਮਦ ਸ:!) ਤੁਸੀਂ ਉੱਕਾ ਹੀ ਇਹ ਵਿਚਾਰ ਨਾ ਕਰੋ ਕਿ ਅੱਲਾਹ ਆਪਣੇ ਪੈਗ਼ੰਬਰਾਂ ਨੂੰ ਦਿੱਤੇ ਵਚਨਾਂ ਤੋਂ ਫਿਰ ਜਾਵੇਗਾ। ਅੱਲਾਹ ਬਹੁਤ ਹੀ ਜ਼ੋਰਾਵਰ ਤੇ ਬਦਲਾ ਲੈਣ ਵਾਲਾ ਹੈ।

فَلَا تَحْسَبَنَّ اللَّهَ مُخْلِفَ وَعْدِهِ رُسُلَهُ ۗ إِنَّ اللَّهَ عَزِيزٌ ذُو انتِقَامٍ ﴿٤٧﴾

48. ਜਿਸ ਦਿਨ ਇਹ ਧਰਤੀ ਦੂਜੀ ਧਰਤੀ ਨਾਲ ਬਦਲ ਦਿੱਤੀ ਜਾਵੇਗੀ ਅਤੇ ਅਕਾਸ਼ ਵੀ (ਬਦਲ ਦਿੱਤਾ ਜਾਵੇਗਾ) ਸਾਰੇ ਲੋਕ ਅੱਲਾਹ ਦੇ ਹਜ਼ੂਰ ਪੇਸ਼

يَوْمَ تُبَدَّلُ الْأَرْضُ غَيْرَ الْأَرْضِ وَالسَّمَاوَاتُ ۖ وَبَرَزُوا لِلَّهِ الْوَاحِدِ الْقَهَّارِ ﴿٤٨﴾

ਕੀਤੇ ਜਾਣਗੇ, ਜਿਹੜਾ ਇੱਕੋ-ਇੱਕ ਤੇ ਜ਼ੋਰਾਵਰ ਹੈ।

وَتَرَى الْمُجْرِمِينَ يَوْمَئِذٍ مُقَرَّنِينَ فِي الْأَصْفَادِ ﴿49﴾

49. ਤੁਸੀਂ (ਹੇ ਨਬੀ !) ਉਸ ਦਿਨ ਸਾਰੇ ਅਪਰਾਧੀਆਂ ਨੂੰ ਸੰਗਲਾਂ ਨਾਲ ਜਕੜੇ ਹੋਏ ਵੇਖੋਗੇ।

سَرَابِيلُهُمْ مِنْ قَطِرَانٍ وَتَغْشَىٰ وُجُوهَهُمُ النَّارُ ﴿50﴾

50. ਉਹਨਾਂ (ਪਾਪੀਆਂ) ਦੇ ਕੱਪੜੇ ਲੁੱਕ ਦੇ ਹੋਣਗੇ ਅਤੇ ਅੱਗ ਦੀਆਂ ਲਾਟਾਂ ਨਾਲ ਉਹਨਾਂ ਦੇ ਮੂੰਹ ਢਕੇ ਹੋਣਗੇ।

لِيَجْزِيَ اللَّهُ كُلَّ نَفْسٍ مَا كَسَبَتْ ۚ إِنَّ اللَّهَ سَرِيعُ الْحِسَابِ ﴿51﴾

51. (ਇਹ ਸਭ ਇਸ ਲਈ ਹੋਵੇਗਾ) ਤਾਂ ਜੋ ਅੱਲਾਹ ਹਰ ਪ੍ਰਾਣੀ ਨੂੰ ਉਸ ਦੀ ਕਮਾਈ ਦਾ ਬਦਲਾ ਦੇਵੇ। ਬੇਸ਼ੱਕ ਅੱਲਾਹ ਨੂੰ ਹਿਸਾਬ ਲੈਣ ਵਿਚ ਕੁੱਝ ਵੀ ਦੇਰ ਨਹੀਂ ਲਗਦੀ।

هَٰذَا بَلَاغٌ لِلنَّاسِ وَلِيُنْذَرُوا بِهِ وَلِيَعْلَمُوا أَنَّمَا هُوَ إِلَٰهٌ وَاحِدٌ وَلِيَذَّكَّرَ أُولُو الْأَلْبَابِ ﴿52﴾

52 ਇਹ (ਕੁਰਆਨ) ਸਾਰੇ ਲੋਕਾਂ ਲਈ (ਰੱਬੀ) ਪੈਗ਼ਾਮ ਹੈ, ਤਾਂ ਜੋ ਇਸ ਰਾਹੀਂ ਲੋਕਾਂ ਨੂੰ ਖ਼ਬਰਦਾਰ ਕੀਤਾ ਜਾਵੇ ਅਤੇ ਉਹ ਜਾਣ ਲੈਣ ਕਿ ਅੱਲਾਹ ਹੀ ਇੱਕੋ ਇਕ ਇਸ਼ਟ ਹੈ ਅਤੇ ਜਿਹੜੇ ਅਕਲ ਵਾਲੇ ਹਨ, ਉਹ ਨਸੀਹਤ ਪ੍ਰਾਪਤ ਕਰ ਲੈਣ।

32

15. ਸੂਰਤ ਅਲ-ਹਿਜਰ (ਮੱਕੀ-54)

سُوْرَةُ الْحِجْرِ

(ਆਇਤਾਂ 99, ਰੁਕੂਅ 6)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਅਲਿਫ਼, ਲਾਮ, ਰਾ। ਇਹ ਰੱਬੀ ਕਿਤਾਬ ਤੇ ਸਪਸ਼ਟ .ਕੁਰਆਨ ਦੀਆਂ ਆਇਤਾਂ ਹਨ।

الٓرٰ تِلْكَ اٰيٰتُ الْكِتٰبِ وَقُرْاٰنٍ مُّبِيْنٍ ﴿١﴾

2. ਇਕ ਸਮਾਂ ਉਹ ਵੀ ਹੋਵੇਗਾ ਜਦੋਂ ਕਾਫ਼ਿਰ ਪਛਤਾਉਣਗੇ ਕਿ ਕਾਸ਼ ਉਹ ਮੁਸਲਮਾਨ ਹੁੰਦੇ।[1]

رُبَمَا يَوَدُّ الَّذِيْنَ كَفَرُوْا لَوْ كَانُوْا مُسْلِمِيْنَ ﴿٢﴾ 1

3. (ਹੇ ਨਬੀ!) ਇਹਨਾਂ (ਦੀ ਚਿੰਤਾ) ਛੱਡ ਦਿਓ। ਇਹ ਖਾਣ ਪੀਣ ਤੇ ਆਨੰਦ ਮਾਣਨ। ਝੂਠੀਆਂ ਆਸਾਂ ਨੇ ਇਹਨਾਂ ਨੂੰ ਭੁਲੇਖੇ ਵਿਚ ਪਾ ਛੱਡਿਆ ਹੈ। ਇਹ ਛੇਤੀ ਹੀ (ਹਕੀਕਤ) ਜਾਣ ਲੈਣਗੇ।

ذَرْهُمْ يَاْكُلُوْا وَيَتَمَتَّعُوْا وَيُلْهِهِمُ الْاَمَلُ فَسَوْفَ يَعْلَمُوْنَ ﴿٣﴾

4 ਅਸੀਂ ਜਿਸ ਬਸਤੀ ਨੂੰ ਵੀ ਬਰਬਾਦ ਕੀਤਾ ਹੈ, ਉਸ (ਦੀ ਬਰਬਾਦੀ) ਲਈ ਇਕ ਵਿਸ਼ੇਸ਼ ਮੋਹਲਤ ਨਿਯਤ ਕੀਤੀ ਸੀ।

وَمَا اَهْلَكْنَا مِنْ قَرْيَةٍ اِلَّا وَلَهَا كِتَابٌ مَّعْلُوْمٌ ﴿٤﴾

5. ਕੋਈ ਵੀ ਕੌਮ ਨਾ ਆਪਣੇ ਨਿਸ਼ਚਿਤ ਸਮੇਂ ਤੋਂ ਪਹਿਲਾਂ ਹਲਾਕ ਹੋ ਸਕਦੀ ਹੈ ਤੇ ਨਾ ਹੀ ਉਸ ਤੋਂ ਮਗਰੋਂ ਬਚ ਸਕਦੀ ਹੈ।

مَا تَسْبِقُ مِنْ اُمَّةٍ اَجَلَهَا وَمَا يَسْتَاْخِرُوْنَ ﴿٥﴾

6. ਉਹਨਾਂ (ਇਨਕਾਰੀਆਂ) ਨੇ ਆਖਿਆ ਕਿ ਹੇ ਉਹ ਵਿਅਕਤੀ! (ਭਾਵ ਮੁਹੰਮਦ ਸ:) ਜਿਸ ਉੱਤੇ ਇਹ ਜ਼ਿਕਰ (.ਕੁਰਆਨ) ਉਤਾਰਿਆ ਗਿਆ ਹੈ, ਤੂੰ ਤਾਂ ਜ਼ਰੂਰ ਹੀ ਸੁਦਾਈ ਹੈਂ।

وَقَالُوْا يٰۤاَيُّهَا الَّذِيْ نُزِّلَ عَلَيْهِ الذِّكْرُ اِنَّكَ لَمَجْنُوْنٌ ﴿٦﴾

---

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

7 ਜੇ ਤੂੰ ਸੱਚਾ ਹੈ ਤਾਂ ਸਾਡੇ ਸਾਹਮਣੇ ਫ਼ਰਿਸ਼ਤੇ ਕਿਉਂ ਨਹੀਂ ਲੈ ਆਉਂਦਾ।

لَوْ مَا تَأْتِينَا بِالْمَلَٰٓئِكَةِ إِن كُنتَ مِنَ الصَّٰدِقِينَ ٧

8. (ਅੱਲਾਹ ਨੇ ਆਖਿਆ) ਫ਼ਰਿਸ਼ਤਿਆਂ ਨੂੰ ਤਾਂ ਅਸੀਂ ਹੱਕ (ਭਾਵ ਅਜ਼ਾਬ) ਨਾਲ ਹੀ (ਧਰਤੀ 'ਤੇ) ਉਤਾਰਦੇ ਹਨ ਅਤੇ ਫੇਰ ਉਸ ਸਮੇਂ ਉਹਨਾਂ (ਕਾਫ਼ਿਰਾਂ) ਨੂੰ ਮੋਹਲਤ ਨਹੀਂ ਦਿੱਤੀ ਜਾਂਦੀ।

مَا نُنَزِّلُ الْمَلَٰٓئِكَةَ إِلَّا بِالْحَقِّ وَمَا كَانُوٓا إِذًا مُّنظَرِينَ ٨

9. ਬੇਸ਼ੱਕ ਅਸੀਂ ਹੀ ਇਸ ਜ਼ਿਕਰ (ਕੁਰਆਨ) ਦੇ ਉਤਾਰਨ ਵਾਲੇ ਹਾਂ ਅਤੇ ਅਸੀਂ ਹੀ ਇਸ ਦੇ ਰਖਵਾਲੇ ਹਾਂ।[1]

إِنَّا نَحْنُ نَزَّلْنَا الذِّكْرَ وَإِنَّا لَهُۥ لَحَٰفِظُونَ ٩

10. (ਹੇ ਨਬੀ !) ਤੁਹਾਥੋਂ ਪਹਿਲਾਂ ਵੀ ਅਸੀਂ ਕਈ ਉੱਮਤਾਂ ਵਿਚ ਆਪਣੇ ਰਸੂਲ ਭੇਜ ਚੁੱਕੇ ਹਾਂ।

وَلَقَدْ أَرْسَلْنَا مِن قَبْلِكَ فِى شِيَعِ الْأَوَّلِينَ ١٠

11. ਉਹਨਾਂ ਕੋਲ ਜਿਹੜਾ ਵੀ ਰਸੂਲ ਆਇਆ, ਉਹ ਉਸ ਨਾਲ ਮਖ਼ੌਲ ਕਰਦੇ ਸੀ।

وَمَا يَأْتِيهِم مِّن رَّسُولٍ إِلَّا كَانُوا بِهِۦ يَسْتَهْزِءُونَ ١١

12 ਇਸ ਤਰ੍ਹਾਂ ਅਸੀਂ ਅਪਰਾਧੀਆਂ ਦੇ ਦਿਲਾਂ ਵਿਚ (ਰਸੂਲਾਂ ਦਾ) ਮਖ਼ੌਲ ਉਡਾਉਣਾ ਰਚਾ-ਬਸਾ ਦਿੰਦੇ ਹਾਂ।

كَذَٰلِكَ نَسْلُكُهُۥ فِى قُلُوبِ الْمُجْرِمِينَ ١٢

13 ਉਹ (ਕਾਫ਼ਿਰ) ਇਸ ਕੁਰਆਨ 'ਤੇ ਈਮਾਨ ਨਹੀਂ ਲਿਆਉਂਦੇ, ਇਹੋ ਰੀਤ ਪਹਿਲਾਂ ਤੋਂ ਚਲੀ ਆ ਰਹੀ ਹੈ।

لَا يُؤْمِنُونَ بِهِۦ وَقَدْ خَلَتْ سُنَّةُ الْأَوَّلِينَ ١٣

---

[1] ਇਹ ਕੁਰਆਨ ਦੀ ਇਹ ਆਇਤ ਮਨੁੱਖਾਂ ਲਈ ਇਕ ਚਣੌਤੀ ਹੈ ਅਤੇ ਹਰੇਕ ਲਈ ਇਹ ਜ਼ਰੂਰੀ ਹੈ ਕਿ ਉਹ ਕੁਰਆਨ ਦੇ ਮੋਅਜਜ਼ਿਆਂ ਉੱਤੇ ਇਮਾਨ ਲਿਆਵੇ। ਇਹ ਇਕ ਹਕੀਕਤ ਹੈ ਕਿ ਅਜੇ ਤਕ ਕੁਰਆਨ ਦੇ ਕਿਸੇ ਇਕ ਸ਼ਬਦ ਵਿਚ ਵੀ ਕੋਈ ਤਬਦੀਲੀ ਨਹੀਂ ਹੋਈ। ਭਾਵੇਂ ਕਿ ਕਾਫ਼ਿਰਾਂ ਨੇ ਅਤੇ ਇਸ ਕਿਤਾਬ ਦੇ ਇਨਕਾਰੀਆਂ ਨੇ ਇਸ ਵਿਚ ਤਬਦੀਲੀ ਕਰਨ ਦੀਆਂ ਵਧੇਰੀਆਂ ਹੀ ਕੋਸ਼ਿਸ਼ਾਂ ਕੀਤੀਆਂ ਪਰ ਉਹ ਸਾਰੀਆਂ ਹੀ ਅਸਫਲ ਹੋਈਆਂ। ਜਿਵੇਂ ਕਿ ਇਸ ਆਇਤ ਵਿਚ ਫ਼ਰਮਾਇਆ ਗਿਆ ਹੈ ਕਿ ਅਸੀਂ ਹੀ ਇਸ ਦੀ ਹਿਫ਼ਾਜ਼ਤ ਕਰਾਂਗੇ। ਅੱਲਾਹ ਦੀ ਕਸਮ ਉਸੇ ਅੱਲਾਹ ਨੇ ਇਸ ਦੀ ਹਿਫ਼ਾਜ਼ਤ ਕੀਤੀ ਹੈ ਜਦ ਕਿ ਦੂਜੀਆਂ ਆਸਮਾਨੀ ਕਿਤਾਬਾਂ ਵਿਚ ਕਈ ਪ੍ਰਕਾਰ ਦੀਆਂ ਤਬਦੀਲੀਆਂ ਹੋ ਚੁੱਕੀਆਂ ਹਨ।

14. ਜੇਕਰ ਅਸੀਂ ਉਹਨਾਂ ਲਈ ਅਕਾਸ਼ ਦਾ ਇਕ ਬੂਹਾ ਖੋਲ੍ਹ ਦਈਏ ਅਤੇ ਉਹ (ਇਨਕਾਰੀ) ਉੱਥੇ ਚੜ੍ਹ ਵੀ ਜਾਣ।

وَلَوْ فَتَحْنَا عَلَيْهِم بَابًا مِّنَ السَّمَاءِ فَظَلُّوا فِيهِ يَعْرُجُونَ ﴿١٤﴾

15. ਫੇਰ ਵੀ ਉਹ ਇਹੋ ਕਹਿਣਗੇ ਕਿ ਸਾਡੀਆਂ ਨਜ਼ਰਾਂ ਤਾਂ ਬੰਨ੍ਹ ਦਿੱਤੀਆਂ ਗਈਆਂ ਹਨ, ਸਗੋਂ ਸਾਡੇ 'ਤੇ ਜਾਦੂ ਕਰ ਦਿੱਤਾ ਗਿਆ ਹੈ।

لَقَالُوا إِنَّمَا سُكِّرَتْ أَبْصَارُنَا بَلْ نَحْنُ قَوْمٌ مَّسْحُورُونَ ﴿١٥﴾

16. ਅਸਾਂ ਅਕਾਸ਼ ਵਿਚ ਬੁਰਜ ਬਣਾਏ ਅਤੇ ਵੇਖਣ ਵਾਲਿਆਂ ਲਈ ਇਸ ਨੂੰ (ਤਾਰਿਆਂ ਨਾਲ) ਸਜਾ ਦਿੱਤਾ।[1]

وَلَقَدْ جَعَلْنَا فِي السَّمَاءِ بُرُوجًا وَزَيَّنَّاهَا لِلنَّاظِرِينَ ﴿١٦﴾

17 ਅਤੇ ਅਸੀਂ ਇਸ (ਅਕਾਸ਼) ਨੂੰ ਹਰੇਕ ਫਿਟਕਾਰੇ ਹੋਏ ਸ਼ੈਤਾਨ ਤੋਂ ਸੁਰੱਖਿਅਤ ਰੱਖਿਆ।

وَحَفِظْنَاهَا مِن كُلِّ شَيْطَانٍ رَّجِيمٍ ﴿١٧﴾

18. ਹਾਂ! ਜਿਹੜਾ ਕੋਈ ਚੋਰੀ ਛੁਪੇ ਸੁਣਨ ਦੀ ਕੋਸ਼ਿਸ਼ ਕਰੇ, ਤਾਂ ਉਸ ਦਾ ਪਿੱਛਾ ਦਹਕਦਾ ਹੋਇਆ ਅੰਗਿਆਰਾ ਕਰਦਾ ਹੈ

إِلَّا مَنِ اسْتَرَقَ السَّمْعَ فَأَتْبَعَهُ شِهَابٌ مُّبِينٌ ﴿١٨﴾

19. ਅਤੇ ਧਰਤੀ ਨੂੰ ਅਸੀਂ ਪਸਾਰਿਆ ਅਤੇ ਇਸ ਵਿਚ ਪਹਾੜ ਗੱਡ ਦਿੱਤੇ ਅਤੇ ਇਸ (ਧਰਤੀ) ਵਿਚ ਅਸੀਂ ਹਰੇਕ ਚੀਜ਼ ਨਪੀ-ਤੁਲੀ ਮਾਤਰਾ ਵਿਚ ਉਗਾਈ ਹੈ।

وَالْأَرْضَ مَدَدْنَاهَا وَأَلْقَيْنَا فِيهَا رَوَاسِيَ وَأَنبَتْنَا فِيهَا مِن كُلِّ شَيْءٍ مَّوْزُونٍ ﴿١٩﴾

20. ਅਤੇ ਇਸੇ (ਧਰਤੀ) ਵਿਚ ਅਸਾਂ ਤੁਹਾਡੇ ਲਈ ਰੋਜ਼ੀਆਂ ਰੱਖ ਛੱਡੀਆਂ ਹਨ ਅਤੇ ਉਹਨਾਂ ਲਈ ਵੀ ਜਿਨ੍ਹਾਂ ਨੂੰ ਰੋਜ਼ੀ ਦੇਣ ਵਾਲੇ (ਦਾਤਾ) ਤੁਸੀਂ ਨਹੀਂ।

وَجَعَلْنَا لَكُمْ فِيهَا مَعَايِشَ وَمَن لَّسْتُمْ لَهُ بِرَازِقِينَ ﴿٢٠﴾

21. ਸਾਰੀਆਂ ਚੀਜ਼ਾਂ ਦੇ ਭੰਡਾਰ ਸਾਡੇ ਕੋਲ ਹੀ ਹਨ ਅਤੇ ਅਸੀਂ ਹਰ ਚੀਜ਼ ਨੂੰ ਇਕ ਨਿਸ਼ਚਿਤ ਮਾਤਰਾ ਵਿਚ ਉਤਾਰਦੇ ਹਾਂ।

وَإِن مِّن شَيْءٍ إِلَّا عِندَنَا خَزَائِنُهُ وَمَا نُنَزِّلُهُ إِلَّا بِقَدَرٍ مَّعْلُومٍ ﴿٢١﴾

22. ਅਸੀਂ ਹੀ (ਪਾਣੀ ਨਾਲ) ਬੋਝਲ ਹਵਾਵਾਂ ਨੂੰ ਭੇਜਦੇ ਹਾਂ ਫੇਰ ਅਕਾਸ਼ ਤੋਂ ਪਾਣੀ ਵਰ੍ਹਾਉਂਦੇ ਹਾਂ

وَأَرْسَلْنَا الرِّيَاحَ لَوَاقِحَ فَأَنزَلْنَا مِنَ السَّمَاءِ مَاءً فَأَسْقَيْنَاكُمُوهُ وَمَا أَنتُمْ لَهُ بِخَازِنِينَ ﴿٢٢﴾

[1] ਵੇਖੋ ਸੂਰਤ ਅਲ-ਅਨਾਮ, ਹਾਸ਼ੀਆ ਆਇਤ 97/6

ਅਤੇ ਤੁਹਾਨੂੰ ਪਿਆਉਂਦੇ ਹਾਂ, ਇਸ (ਪਾਣੀ ਦੀ) ਦੌਲਤ ਦੇ ਭੰਡਾਰੀ ਤੁਸੀਂ ਨਹੀਂ (ਅਸੀਂ ਹਾਂ)।

وَإِنَّا لَنَحْنُ نُحْيِي وَنُمِيتُ وَنَحْنُ الْوَارِثُونَ (23)

23. ਬੇਸ਼ੱਕ ਅਸੀਂ ਹੀ ਜੀਵਨ ਅਤੇ ਮੌਤ ਦਿੰਦੇ ਹਾਂ[1] ਅਤੇ ਅੰਤ ਅਸੀਂ ਹੀ (ਸਾਰੀਆਂ ਚੀਜ਼ਾਂ) ਦੇ ਵਾਰਸ ਹਾਂ।

وَلَقَدْ عَلِمْنَا الْمُسْتَقْدِمِينَ مِنكُمْ وَلَقَدْ عَلِمْنَا الْمُسْتَأْخِرِينَ (24)

24. ਅਸੀਂ ਉਹਨਾਂ ਸਾਰੇ ਲੋਕਾਂ ਨੂੰ ਜਾਣਦੇ ਹਾਂ ਜਿਹੜੇ ਤੁਹਾਥੋਂ ਪਹਿਲਾਂ ਬੀਤ ਚੁੱਕੇ ਹਨ ਅਤੇ ਜਿਹੜੇ ਪਿੱਛੋਂ ਆਉਣ ਵਾਲੇ ਹਨ, ਉਹਨਾਂ ਦੀ ਵੀ ਜਾਣਕਾਰੀ ਹੈ।

وَإِنَّ رَبَّكَ هُوَ يَحْشُرُهُمْ ۚ إِنَّهُ حَكِيمٌ عَلِيمٌ (25)

25. (ਹੇ ਨਬੀ!) ਬੇਸ਼ੱਕ ਤੁਹਾਡਾ ਪਾਲਣਹਾਰ ਇਹਨਾਂ ਸਭ ਨੂੰ ਇਕੱਠਾ ਕਰੇਗਾ। ਉਹ ਵੱਡਾ ਸੂਝਵਾਨ ਤੇ ਗਿਆਨ ਰੱਖਣ ਵਾਲਾ ਹੈ।

وَلَقَدْ خَلَقْنَا الْإِنسَانَ مِن صَلْصَالٍ مِّنْ حَمَإٍ مَّسْنُونٍ (26)

26. ਅਸੀਂ ਮਨੁੱਖ ਨੂੰ ਗਲੀ ਸੜੀ ਮਿੱਟੀ ਦੇ ਸੁੱਕੇ ਹੋਏ ਗਾਰੇ ਤੋਂ ਪੈਦਾ ਕੀਤਾ ਹੈ।

وَالْجَانَّ خَلَقْنَاهُ مِن قَبْلُ مِن نَّارِ السَّمُومِ (27)

27. ਅਤੇ ਉਸ ਤੋਂ ਪਹਿਲਾਂ ਜਿੰਨਾਂ ਨੂੰ ਅਸੀਂ ਅੱਗ ਦੀ ਲਾਟ ਤੋਂ ਪੈਦਾ ਕੀਤਾ ਸੀ।

وَإِذْ قَالَ رَبُّكَ لِلْمَلَائِكَةِ إِنِّي خَالِقٌ بَشَرًا مِّن صَلْصَالٍ مِّنْ حَمَإٍ مَّسْنُونٍ (28)

28. (ਹੇ ਨਬੀ! ਯਾਦ ਕਰੋ!) ਜਦੋਂ ਤੁਹਾਡੇ ਰੱਬ ਨੇ ਫ਼ਰਿਸ਼ਤਿਆਂ ਨੂੰ ਆਖਿਆ ਸੀ ਕਿ ਮੈਂ ਗਲੀ-ਸੜੀ ਖਣਖਣ ਕਰਦੀ ਹੋਈ ਮਿੱਟੀ ਤੋਂ ਇਕ ਮਨੁੱਖ ਦੀ ਰਚਨਾ ਕਰਨ ਵਾਲਾ ਹਾਂ

فَإِذَا سَوَّيْتُهُ وَنَفَخْتُ فِيهِ مِن رُّوحِي فَقَعُوا لَهُ سَاجِدِينَ (29)

29. ਜਦੋਂ ਮੈਂ ਉਸ (ਮਨੁੱਖ) ਨੂੰ ਪੂਰੀ ਤਰ੍ਹਾਂ ਬਣਾ ਲਵਾਂ ਅਤੇ ਉਸ ਵਿਚ ਆਪਣੀ ਰੂਹ (ਆਤਮਾ) ਤੋਂ ਕੁੱਝ ਫੂਕ ਦਿਆਂ ਤਾਂ ਤੁਸੀਂ ਸਾਰੇ ਉਸ ਦੇ ਅੱਗੇ ਸਿਜਦੇ ਵਿਚ ਡਿਗ ਜਾਣਾ।

---

[1] ਜਦੋਂ ਮਨੁੱਖ ਮਰ ਜਾਂਦਾ ਹੈ ਤਾਂ ਉਸ ਦੇ ਅਮਲਾਂ ਦਾ ਸਿਲਸਿਲਾ ਵੀ ਖ਼ਤਮ ਹੋ ਜਾਂਦਾ ਹੈ ਛੁੱਟ ਤਿੰਨ ਅਮਲਾਂ ਤੋਂ 1 ਸਦਕਾਏ ਜਾਰੀਆ ਭਾਵ ਉਹ ਕੰਮ ਕਰਨਾ ਜਿਹੜਾ ਉਸ ਤੋਂ ਬਾਅਦ ਵੀ ਲੋਕਾਂ ਦੇ ਕੰਮ ਆਵੇ ਜਿਵੇਂ ਧਰਮਸ਼ਾਲਾ, ਪਾਣੀ ਦੇ ਲਈ ਖੂਹ ਦੀ ਉਸਾਰੀ, ਵਿਦਿਅਕ ਸੰਸਥਾ ਦੀ ਉਸਾਰੀ। 2 ਅਜਿਹਾ ਇਲਮ ਜਿਸ ਤੋਂ ਲੋਕ ਲਾਭ ਉਠਾਉਣ। 3. ਨੇਕ ਸੰਤਾਨ ਜਿਹੜੀ ਅੱਲਾਹ ਤੋਂ ਆਪਣੇ ਮਾਪਿਆਂ ਲਈ ਬਖ਼ਸ਼ਿਸ਼ ਦੀ ਦੁਆ ਕਰੇ। (ਸਹੀ ਮੁਸਲਿਮ, ਹਦੀਸ: 1631)

30. ਸਾਰੇ ਹੀ ਫ਼ਰਿਸ਼ਤੇ ਸਿਜਦੇ ਵਿਚ ਝੁਕ ਗਏ।

فَسَجَدَ الْمَلٰٓئِكَةُ كُلُّهُمْ أَجْمَعُوْنَ (30)

31. ਛੁੱਟ ਇਬਲੀਸ ਤੋਂ, ਉਸ ਨੇ ਸਿਜਦਾ ਕਰਨ ਵਾਲਿਆਂ ਦਾ ਸਾਥ ਦੇਣ ਤੋਂ ਸਾਫ਼ ਇਨਕਾਰ ਕਰ ਦਿੱਤ

إِلَّآ إِبْلِيْسَ ۗ أَبٰٓى أَنْ يَّكُوْنَ مَعَ السّٰجِدِيْنَ (31)

32. ਪੁੱਛਿਆ, ਹੇ ਇਬਲੀਸ। ਤੈਨੂੰ ਕੀ ਹੋਇਆ, ਕਿ ਤੂੰ ਸਿਜਦਾ ਕਰਨ ਵਾਲਿਆਂ ਦੀ ਸੰਗਤ ਨਹੀਂ ਕੀਤੀ?

قَالَ يٰٓإِبْلِيْسُ مَا لَكَ أَلَّا تَكُوْنَ مَعَ
السّٰجِدِيْنَ (32)

33. ਉਸ (ਇਬਲੀਸ) ਨੇ ਕਿਹਾ, ਮੈਂ ਉਹ ਨਹੀਂ ਹਾਂ ਜਿਹੜਾ ਉਸ ਮਨੁੱਖ ਨੂੰ ਸਿਜਦਾ ਕਰੇ ਜਿਸ ਨੂੰ ਤੂੰ ਗਲੀ-ਸੜੀ ਖਣਕਦੀ ਹੋਈ ਮਿੱਟੀ ਤੋਂ ਪੈਦਾ ਕੀਤਾ ਹੈ।

قَالَ لَمْ أَكُنْ لِّأَسْجُدَ لِبَشَرٍ خَلَقْتَهٗ مِنْ صَلْصَالٍ
مِّنْ حَمَإٍ مَّسْنُوْنٍ (33)

34. ਕਿਹਾ, ਚੰਗਾ! ਹੁਣ ਤੂੰ ਇੱਥੋਂ (ਫ਼ਰਿਸ਼ਤਿਆਂ ਦੀ ਸੰਗਤ ਵਿੱਚੋਂ) ਨਿਕਲ ਜਾ, ਹੁਣ ਤੂੰ ਫਿਟਕਾਰਿਆ ਹੋਇਆ ਹੈਂ।

قَالَ فَاخْرُجْ مِنْهَا فَإِنَّكَ رَجِيْمٌ (34)

35 ਅਤੇ ਤੇਰੇ 'ਤੇ ਮੇਰੀ ਇਹ ਫਿਟਕਾਰ ਬਦਲੇ ਵਾਲੇ ਦਿਨ (ਭਾਵ ਕਿਆਮਤ ਦਿਹਾੜੇ) ਤੀਕ ਰਹੇਗੀ

وَّإِنَّ عَلَيْكَ اللَّعْنَةَ إِلٰى يَوْمِ الدِّيْنِ (35)

36. (ਇਬਲੀਸ ਨੇ) ਕਿਹਾ ਕਿ ਹੇ ਮੇਰੇ ਮਾਲਿਕ! ਮੈਨੂੰ ਉਸ ਦਿਨ ਤੀਕ ਮੋਹਲਤ ਦੇ ਦੇ ਜਦੋਂ ਕਿ ਸਾਰੇ ਮਨੁੱਖ ਮੁੜ ਸੁਰਜੀਤ ਕੀਤੇ ਜਾਣਗੇ।

قَالَ رَبِّ فَأَنْظِرْنِيْٓ إِلٰى يَوْمِ يُبْعَثُوْنَ (36)

37. ਫ਼ਰਮਾਇਆ ਕਿ ਚੰਗਾ ਤੈਨੂੰ ਮੋਹਲਤ ਦੇ ਦਿੱਤੀ ਗਈ

قَالَ فَإِنَّكَ مِنَ الْمُنْظَرِيْنَ (37)

38 ਇਕ ਨਿਰਧਾਰਿਤ ਸਮੇਂ ਤੀਕ (ਭਾਵ ਕਿਆਮਤ ਤੱਕ) ਲਈ (ਇਹ ਮੋਹਲਤ ਹੈ)।

إِلٰى يَوْمِ الْوَقْتِ الْمَعْلُوْمِ (38)

39. ਉਸ (ਇਬਲੀਸ ਭਾਵ ਸ਼ੈਤਾਨ) ਨੇ ਆਖਿਆ ਕਿ ਹੇ ਮੇਰੇ ਰੱਬਾ! ਜਿਵੇਂ ਤੈਨੇ ਮੈਨੂੰ ਕੁਰਾਹੇ ਪਾਇਆ ਹੈ ਮੈਨੂੰ ਵੀ ਕਸਮ ਹੈ ਕਿ ਮੈਂ ਵੀ ਧਰਤੀ

قَالَ رَبِّ بِمَآ أَغْوَيْتَنِيْ لَأُزَيِّنَنَّ لَهُمْ فِي الْأَرْضِ
وَلَأُغْوِيَنَّهُمْ أَجْمَعِيْنَ (39)

ਉੱਤੇ ਉਹਨਾਂ (ਲੋਕਾਂ) ਲਈ (ਸੰਸਾਰਿਕ ਸਾਮੱਗਰੀ ਨੂੰ) ਮਨਮੋਹਣਾ ਬਣਾ ਦਿਆਂਗਾ, ਇੰਜ ਇਹਨਾਂ ਸਭ (ਮਨੁੱਖਾਂ) ਨੂੰ ਗੁਮਰਾਹ ਕਰਾਂਗਾ।

40. ਛੁੱਟ ਤੇਰੇ ਉਹਨਾਂ ਬੰਦਿਆਂ ਤੋਂ ਜਿਹੜੇ ਤੂੰ ਉਹਨਾਂ ਵਿੱਚੋਂ ਚੁਣ ਲਏ ਹਨ।

إِلَّا عِبَادَكَ مِنْهُمُ الْمُخْلَصِينَ ﴿40﴾

41 ਫ਼ਰਮਾਇਆ, ਇਹੋ (ਮੇਰੇ ਹੁਕਮਾਂ ਦੀ ਪਾਲਣਾ ਹੀ) ਸਿੱਧਾ ਰਾਹ ਹੈ, ਜਿਹੜਾ ਮੇਰੇ ਤਕ ਪਹੁੰਚਦਾ ਹੈ

قَالَ هَٰذَا صِرَاطٌ عَلَيَّ مُسْتَقِيمٌ ﴿41﴾

42 ਬੇਸ਼ੱਕ ਮੇਰੇ ਨੇਕ ਬੰਦਿਆਂ 'ਤੇ ਤੇਰਾ ਕੋਈ ਜ਼ੋਰ ਨਹੀਂ। ਤੇਰਾ ਜ਼ੋਰ ਕੇਵਲ ਉਹਨਾਂ ਕੁਰਾਹੇ ਪਏ ਲੋਕਾਂ 'ਤੇ ਹੀ ਚੱਲੇਗਾ ਜਿਹੜੇ ਤੇਰੇ ਪਿੱਛੇ ਲੱਗਣਗੇ।

إِنَّ عِبَادِي لَيْسَ لَكَ عَلَيْهِمْ سُلْطَانٌ إِلَّا مَنِ اتَّبَعَكَ مِنَ الْغَاوِينَ ﴿42﴾

43 ਅਤੇ ਉਹਨਾਂ ਸਭ ਲਈ ਨਰਕ ਦਾ ਵਾਅਦਾ ਹੈ।

وَإِنَّ جَهَنَّمَ لَمَوْعِدُهُمْ أَجْمَعِينَ ﴿43﴾

44 ਉਸ (ਨਰਕ) ਦੇ ਸੱਤ ਬੂਹੇ ਹਨ ਅਤੇ ਹਰ ਬੂਹੇ ਲਈ ਉਹਨਾਂ (ਗੁਮਰਾਹਾਂ) ਵਿੱਚੋਂ ਇਕ ਵਿਸ਼ੇਸ਼ ਭਾਗ ਵੰਡਿਆ ਹੋਇਆ ਹੈ।

لَهَا سَبْعَةُ أَبْوَابٍ لِكُلِّ بَابٍ مِنْهُمْ جُزْءٌ مَقْسُومٌ ﴿44﴾

45 ਜਦ ਕਿ ਪਰਹੇਜ਼ਗਾਰ ਲੋਕ ਸਵਰਗ ਵਿਚ ਬਾਗ਼ਾਂ ਤੇ ਝਰਨਿਆਂ ਵਿਚ ਹੋਣਗੇ।

إِنَّ الْمُتَّقِينَ فِي جَنَّاتٍ وَعُيُونٍ ﴿45﴾

46. ਉਹਨਾਂ ਨੂੰ ਕਿਹਾ ਜਾਵੇਗਾ ਕਿ ਸਲਾਮਤੀ ਤੇ ਅਮਨ ਨਾਲ ਇਸ (ਸਵਰਗ) ਵਿਚ ਦਾਖ਼ਲ ਹੋ ਜਾਓ।

ادْخُلُوهَا بِسَلَامٍ آمِنِينَ ﴿46﴾

47 ਅਤੇ ਜੋ ਵੀ ਉਹਨਾਂ (ਨੇਕ ਲੋਕਾਂ) ਦੇ ਮਨਾਂ ਵਿਚ (ਕਿਸੇ ਲਈ ਕੁੱਝ ਵੀ) ਵੈਰ ਵਿਰੋਧ ਹੋਵੇਗਾ ਉਸ ਨੂੰ ਅਸੀਂ ਕੱਢ ਦਿਆਂਗੇ। ਉਹ ਆਪੋ ਵਿਚ ਭਰਾ-ਭਰਾ ਬਣ ਕੇ ਇਕ ਦੂਜੇ ਦੇ ਆਹਮਣੇ-ਸਾਹਮਣੇ ਤਖ਼ਤਾਂ ਉੱਤੇ ਬੈਠੇ ਹੋਣਗੇ।

وَنَزَعْنَا مَا فِي صُدُورِهِمْ مِنْ غِلٍّ إِخْوَانًا عَلَىٰ سُرُرٍ مُتَقَابِلِينَ ﴿47﴾

48 ਨਾ ਹੀ ਉੱਥੇ ਉਹਨਾਂ ਨੂੰ ਕੋਈ ਤਕਲੀਫ਼ ਹੋਵੇਗੀ ਅਤੇ ਨਾ ਹੀ ਉੱਥਿਓਂ ਕਦੇ ਕੱਢੇ ਜਾਣਗੇ।

لَا يَمَسُّهُمْ فِيهَا نَصَبٌ وَمَا هُمْ مِنْهَا بِمُخْرَجِينَ ﴿48﴾

49. (ਹੇ ਨਬੀ!) ਮੇਰੇ ਬੰਦਿਆਂ ਨੂੰ ਦੱਸ ਦਿਓ ਕਿ ਮੈਂ ਅਤਿ ਬਖ਼ਸ਼ਣਹਾਰ ਅਤੇ ਅਤਿ ਮਿਹਰਬਾਨ ਹਾਂ।	نَبِّئْ عِبَادِيْٓ اَنِّيْٓ اَنَا الْغَفُوْرُ الرَّحِيْمُ ﴿49﴾
50. ਬੇਸ਼ੱਕ ਮੇਰੀ ਸਜ਼ਾ (ਅਜ਼ਾਬ) ਵੀ ਅਤਿਅੰਤ ਦੁਖਦਾਈ ਹੈ।	وَاَنَّ عَذَابِيْ هُوَ الْعَذَابُ الْاَلِيْمُ ﴿50﴾
51. (ਹੇ ਨਬੀ!) ਇਹਨਾਂ ਲੋਕਾਂ ਨੂੰ ਰਤਾ ਇਬਰਾਹੀਮ ਦੇ ਮਹਿਮਾਨਾਂ ਦਾ ਕਿੱਸਾ ਸੁਣਾਓ।	وَنَبِّئْهُمْ عَنْ ضَيْفِ اِبْرٰهِيْمَ ﴿51﴾
52 ਜਦੋਂ ਉਹ (ਮਹਿਮਾਨ) ਉਸ (ਇਬਰਾਹੀਮ) ਦੇ ਕੋਲ ਪਹੁੰਚੇ ਤਾਂ ਉਹਨਾਂ ਨੇ ਸਲਾਮ ਕੀਤਾ ਤਾਂ ਉਸ ਨੇ (ਇਬਰਾਹੀਮ) ਨੇ ਕਿਹਾ ਕਿ ਸਾਨੂੰ ਤਾਂ ਤੁਹਾਥੋਂ ਡਰ ਲੱਗਦਾ ਹੈ।	اِذْ دَخَلُوْا عَلَيْهِ فَقَالُوْا سَلٰمًا ۭ قَالَ اِنَّا مِنْكُمْ وَجِلُوْنَ ﴿52﴾
53. ਉਹਨਾਂ (ਮਹਿਮਾਨਾਂ) ਨੇ ਕਿਹਾ ਕਿ ਡਰੋ ਨਾ, ਅਸੀਂ ਤੈਨੂੰ ਇਕ ਗਿਆਨਵਾਨ ਪੁੱਤਰ ਦੀ ਖ਼ੁਸ਼ਖ਼ਬਰੀ ਸੁਣਾਉਂਦੇ ਹਾਂ।	قَالُوْا لَا تَوْجَلْ اِنَّا نُبَشِّرُكَ بِغُلٰمٍ عَلِيْمٍ ﴿53﴾
54. (ਇਬਰਾਹੀਮ ਨੇ) ਕਿਹਾ ਕਿ ਇਸ ਬੁਢਾਪੇ ਵਿਚ ਮੈਨੂੰ ਖ਼ੁਸ਼ਖ਼ਬਰੀ ਦੇ ਰਹੇ ਹੋ, ਇਹ ਖ਼ੁਸ਼ਖ਼ਬਰੀ ਤੁਸੀਂ ਕਿਵੇਂ ਦੇ ਰਹੇ ਹੋ?	قَالَ اَبَشَّرْتُمُوْنِيْ عَلٰٓي اَنْ مَّسَّنِيَ الْكِبَرُ فَبِمَ تُبَشِّرُوْنَ ﴿54﴾
55. ਉਹਨਾਂ (ਮਹਿਮਾਨਾਂ) ਨੇ ਕਿਹਾ ਕਿ ਅਸੀਂ ਤੁਹਾਨੂੰ ਇਕ ਸੱਚੀ ਖ਼ੁਸ਼ਖ਼ਬਰੀ ਦੇ ਰਹੇ ਹਾਂ, ਤੂੰ ਨਿਰਾਸ਼ ਨਾ ਹੋ?	قَالُوْا بَشَّرْنٰكَ بِالْحَقِّ فَلَا تَكُنْ مِّنَ الْقٰنِطِيْنَ ﴿55﴾
56. ਇਬਰਾਹੀਮ ਨੇ ਕਿਹਾ ਕਿ ਆਪਣੇ ਰੱਬ ਦੀ ਰਹਿਮਤ ਤੋਂ ਕੁਰਾਹੀਏ ਹੀ ਨਿਰਾਸ਼ ਹੁੰਦੇ ਹਨ।	قَالَ وَمَنْ يَّقْنَطُ مِنْ رَّحْمَةِ رَبِّهٖٓ اِلَّا الضَّاۗلُّوْنَ ﴿56﴾
57. ਇਬਰਾਹੀਮ ਨੇ ਪੁੱਛਿਆ ਕਿ ਹੇ (ਰੱਬ ਵੱਲੋਂ) ਭੇਜੇ ਹੋਏ ਫ਼ਰਿਸ਼ਤਿਓ! ਤੁਹਾਡੇ ਆਉਣ ਦਾ ਉਦੇਸ਼ ਕੀ ਹੈ?	قَالَ فَمَا خَطْبُكُمْ اَيُّهَا الْمُرْسَلُوْنَ ﴿57﴾
58. ਉਹਨਾਂ ਨੇ ਕਿਹਾ ਕਿ ਅਸੀਂ ਇਕ ਪਾਪੀ ਕੌਮ ਵੱਲ ਭੇਜੇ ਗਏ ਹਨ।	قَالُوْٓا اِنَّآ اُرْسِلْنَآ اِلٰى قَوْمٍ مُّجْرِمِيْنَ ﴿58﴾

59. ਛੁੱਟ ਲੂਤ ਦੇ ਘਰ ਵਾਲਿਆਂ ਤੋਂ, ਅਸੀਂ ਉਹਨਾਂ ਸਭ (ਈਮਾਨ ਵਾਲਿਆਂ) ਨੂੰ (ਅਜ਼ਾਬ ਤੋਂ) ਬਚਾ ਲਵਾਂਗੇ।

إِلَّا آلَ لُوطٍ إِنَّا لَمُنَجُّوهُمْ أَجْمَعِينَ (59)

60. ਸਿਵਾਏ ਉਸ (ਲੂਤ) ਦੀ ਪਤਨੀ ਤੋਂ ਜਿਸ ਲਈ ਅਸੀਂ ਮਿੱਥਿਆ ਹੋਇਆ ਹੈ ਕਿ ਉਹ ਪਿੱਛੇ ਰਹਿ ਜਾਣ ਵਾਲਿਆਂ ਵਿੱਚੋਂ ਹੋਵੇਗੀ।

إِلَّا امْرَأَتَهُ قَدَّرْنَا إِنَّهَا لَمِنَ الْغَابِرِينَ (60)

61. ਜਦੋਂ ਭੇਜੇ ਹੋਏ (ਫ਼ਰਿਸ਼ਤੇ) ਲੂਤ ਦੇ ਘਰ ਪਹੁੰਚੇ।

فَلَمَّا جَاءَ آلَ لُوطٍ الْمُرْسَلُونَ (61)

62. ਤਾਂ ਉਹਨਾਂ (ਲੂਤ) ਨੇ ਕਿਹਾ ਕਿ ਤੁਸੀਂ ਲੋਕ ਤਾਂ ਅਜਨਬੀ ਲੱਗਦੇ ਹੋ।

قَالَ إِنَّكُمْ قَوْمٌ مُنْكَرُونَ (62)

63 ਉਹਨਾਂ (ਫ਼ਰਿਸ਼ਤਿਆਂ) ਨੇ ਕਿਹਾ, (ਨਹੀਂ) ਅਸੀਂ ਤਾਂ ਤੇਰੇ ਕੋਲ ਉਹ (ਅਜ਼ਾਬ) ਲੈ ਕੇ ਆਏ ਹਾਂ ਜਿਸ ਦੇ ਆਉਣ ਵਿਚ ਇਹ ਲੋਕ ਸ਼ੱਕ ਕਰਦੇ ਸਨ।

قَالُوا بَلْ جِئْنَاكَ بِمَا كَانُوا فِيهِ يَمْتَرُونَ (63)

64. ਅਸੀਂ ਤੇਰੇ ਕੋਲ ਸੱਚਾਈ ਲੈਕੇ ਆਏ ਹਾਂ ਅਤੇ ਬੇਸ਼ੱਕ ਅਸੀਂ ਹਾਂ ਵੀ ਸੱਚੇ।

وَأَتَيْنَاكَ بِالْحَقِّ وَإِنَّا لَصَادِقُونَ (64)

65. ਹੁਣ ਤੂੰ ਆਪਣੇ ਪਰਿਵਾਰ ਸਣੇ ਰਾਤ ਰਹਿੰਦੇ ਘਰੋਂ ਨਿਕਲ ਜਾ ਅਤੇ ਤੁਸੀਂ ਇਨ੍ਹਾਂ (ਈਮਾਨ ਵਾਲਿਆਂ) ਦੇ ਪਿੱਛੇ ਹੀ ਰਹਿਣਾ ਅਤੇ ਤੁਹਾਡੇ ਵਿੱਚੋਂ ਕੋਈ ਪਿਛਾਂਹ ਮੁੜ ਕੇ ਨਾ ਵੇਖੇ। ਤੁਹਾਨੂੰ ਜਿੱਥੇ ਜਾਣ ਲਈ ਹੁਕਮ ਦਿੱਤਾ ਜਾ ਰਿਹਾ ਹੈ ਉੱਥੇ ਹੀ ਚਲੇ ਜਾਣਾ।

فَأَسْرِ بِأَهْلِكَ بِقِطْعٍ مِنَ اللَّيْلِ وَاتَّبِعْ أَدْبَارَهُمْ وَلَا يَلْتَفِتْ مِنْكُمْ أَحَدٌ وَامْضُوا حَيْثُ تُؤْمَرُونَ (65)

66. ਅਤੇ ਅਸੀਂ ਉਹਨਾਂ (ਕੌਮੇ-ਲੂਤ) ਲਈ ਇਹੋ ਫ਼ੈਸਲਾ ਕੀਤਾ ਕਿ ਸਵੇਰਾ ਹੋਣ ਤਕ ਇਹਨਾਂ ਲੋਕਾਂ ਦੀ ਜੜ੍ਹ ਵੱਢ ਸੁੱਟੀ ਜਾਵੇਗੀ।

وَقَضَيْنَا إِلَيْهِ ذَٰلِكَ الْأَمْرَ أَنَّ دَابِرَ هَٰؤُلَاءِ مَقْطُوعٌ مُصْبِحِينَ (66)

67. ਅਤੇ ਸ਼ਹਿਰ (ਸੱਦੂਮ) ਦੇ ਵਾਸੀ (ਫ਼ਰਿਸ਼ਤਿਆਂ ਨੂੰ ਸੋਹਣੇ ਮੁੰਡਿਆਂ ਦੇ ਰੂਪ ਵਿਚ) ਵੇਖ ਕੇ ਖ਼ੁਸ਼ੀਆਂ ਮਨਾਉਂਦੇ ਹੋਏ (ਲੂਤ ਦੇ ਘਰ) ਆਏ।

وَجَاءَ أَهْلُ الْمَدِينَةِ يَسْتَبْشِرُونَ (67)

68. ਉਸ (ਲੂਤ) ਨੇ ਕਿਹਾ ਕਿ ਬੇਸ਼ੱਕ ਇਹ ਲੋਕ ਮੇਰੇ ਮਹਿਮਾਨ ਹਨ ਤੁਸੀਂ ਮੈਨੂੰ ਅਪਮਾਨਿਤ ਨਾ ਕਰੋ।	قَالَ إِنَّ هَٰؤُلَاءِ ضَيْفِي فَلَا تَفْضَحُونِ ﴿٦٨﴾
69. ਅੱਲਾਹ ਤੋਂ ਡਰੋ ਅਤੇ ਮੈਨੂੰ ਹੀਣਾ ਨਾ ਕਰੋ।	وَاتَّقُوا اللَّهَ وَلَا تُخْزُونِ ﴿٦٩﴾
70 ਉਹ (ਸ਼ਹਿਰ ਵਾਸੀ) ਬੋਲੇ ਕਿ ਕੀ ਅਸੀਂ ਤੁਹਾਨੂੰ ਦੁਨੀਆਂ ਭਰ ਦੀ ਠੇਕੇਦਾਰੀ ਤੋਂ ਮਨ੍ਹਾਂ ਨਹੀਂ ਸੀ ਕੀਤਾ?	قَالُوا أَوَلَمْ نَنْهَكَ عَنِ الْعَالَمِينَ ﴿٧٠﴾
71 ਉਸ (ਲੂਤ) ਨੇ ਕਿਹਾ ਕਿ ਜੇ ਤੁਸੀਂ ਕਰਨਾ ਹੀ ਹੈ ਤਾਂ ਇਹ ਮੇਰੀਆਂ (ਕੌਮ ਦੀਆਂ) ਧੀਆਂ ਮੌਜੂਦ ਹਨ ਤੁਸੀਂ ਇਹਨਾਂ ਨਾਲ ਨਿਕਾਹ ਕਰ ਲਓ।	قَالَ هَٰؤُلَاءِ بَنَاتِي إِنْ كُنْتُمْ فَاعِلِينَ ﴿٧١﴾
72. (ਹੇ ਮੁਹੰਮਦ!) ਤੇਰੀ ਜਾਨ ਦੀ ਕਸਮ, ਬੇਸ਼ੱਕ ਉਹ (ਕੌਮੇ-ਲੂਤ) ਆਪਣੀ ਮਸਤੀ ਵਿਚ ਕੁਰਾਹੇ ਪਏ ਹੋਏ ਸਨ।	لَعَمْرُكَ إِنَّهُمْ لَفِي سَكْرَتِهِمْ يَعْمَهُونَ ﴿٧٢﴾
73. ਅੰਤ ਸੂਰਜ ਨਿਕਲਦੇ ਹੀ ਉਹਨਾਂ ਨੂੰ ਇਕ ਚੰਗਿਆੜ ਨੇ ਆ ਨੱਪਿਆ।	فَأَخَذَتْهُمُ الصَّيْحَةُ مُشْرِقِينَ ﴿٧٣﴾
74. ਅਤੇ ਅਸੀਂ ਇਸ ਸ਼ਹਿਰ ਨੂੰ ਉੱਪਰ-ਥੱਲੇ ਕਰ ਸੁੱਟਿਆ ਅਤੇ ਇਹਨਾਂ ਲੋਕਾਂ 'ਤੇ ਖਿੰਘਰਾਂ ਵਾਲੇ ਪੱਥਰਾਂ ਦਾ ਮੀਂਹ ਵਰ੍ਹਾ ਦਿੱਤਾ।	فَجَعَلْنَا عَالِيَهَا سَافِلَهَا وَأَمْطَرْنَا عَلَيْهِمْ حِجَارَةً مِنْ سِجِّيلٍ ﴿٧٤﴾
75. ਬੇਸ਼ੱਕ ਇਸ (ਘਟਨਾ) ਵਿਚ ਸਿੱਖਿਆ ਲੈਣ ਵਾਲਿਆਂ ਲਈ ਕਈ ਨਿਸ਼ਾਨੀਆਂ ਹਨ।	إِنَّ فِي ذَٰلِكَ لَآيَاتٍ لِلْمُتَوَسِّمِينَ ﴿٧٥﴾
76. ਅਤੇ ਬੇਸ਼ੱਕ ਉਹ ਬਸਤੀ ਉਸ (ਮੱਕੇ ਦੀ) ਰਾਹ 'ਤੇ ਸਥਿਤ ਹੈ।	وَإِنَّهَا لَبِسَبِيلٍ مُقِيمٍ ﴿٧٦﴾
77. ਬੇਸ਼ੱਕ ਇਸ (ਘਟਨਾ) ਵਿਚ ਈਮਾਨ ਵਾਲਿਆਂ ਲਈ ਵੱਡੀਆਂ ਨਿਸ਼ਾਨੀਆਂ ਹਨ।	إِنَّ فِي ذَٰلِكَ لَآيَةً لِلْمُؤْمِنِينَ ﴿٧٧﴾
78. ਬੇਸ਼ੱਕ ਐਕਾ ਬਸਤੀ ਵਾਲੇ (ਸ਼ੁਐਬ ਦੀ ਕੌਮ) ਵੀ ਜ਼ਾਲਮ ਸੀ।	وَإِنْ كَانَ أَصْحَابُ الْأَيْكَةِ لَظَالِمِينَ ﴿٧٨﴾

79 ਉਹਨਾਂ ਤੋਂ ਵੀ ਅਸੀਂ (ਸ਼ੁਐਬ ਨੂੰ ਝੁਠਲਾਉਣ ਦਾ) ਬਦਲਾ ਲਿਆ, ਇਹ ਦੋਵੇਂ ਸ਼ਹਿਰ (ਕੌਮੇ-ਲੂਤ ਤੇ ਕੌਮੇ-ਸ਼ੁਐਬ ਦੀ ਬਸਤੀਆਂ) ਮੁੱਖ ਰਾਹ 'ਤੇ ਸਥਿਤ ਹਨ।

فَانْتَقَمْنَا مِنْهُمْ ۘ وَإِنَّهُمَا لَبِإِمَامٍ مُّبِينٍ ﴿٧٩﴾

80. ਅਤੇ ਹਿਜਰ ਵਾਲਿਆਂ (ਭਾਵ ਕੌਮੇ ਸਮੂਦ) ਨੇ ਵੀ ਰਸੂਲਾਂ ਨੂੰ ਝੁਠਲਾਇਆ।

وَلَقَدْ كَذَّبَ أَصْحَابُ الْحِجْرِ الْمُرْسَلِينَ ﴿٨٠﴾

81 ਅਸੀਂ ਉਸ (ਸਾਲੇਹ) ਨੂੰ ਆਪਣੇ ਵੱਲੋਂ ਨਿਸ਼ਾਨੀਆਂ ਵੀ ਬਖ਼ਸ਼ੀਆਂ, ਪਰ ਉਹ (ਹਿਜਰ ਵਾਲੇ) ਉਹਨਾਂ ਤੋਂ ਮੂੰਹ ਮੋੜਦੇ ਰਹੇ।

وَآتَيْنَاهُمْ آيَاتِنَا فَكَانُوا عَنْهَا مُعْرِضِينَ ﴿٨١﴾

82 ਇਹ ਲੋਕੀ ਪਹਾੜਾਂ ਨੂੰ ਘੜ-ਘੜ ਕੇ ਘਰ ਬਣਾਉਂਦੇ ਸਨ, ਕਿਸੇ ਤੋਂ ਡਰਦੇ ਨਹੀਂ ਸੀ।

وَكَانُوا يَنْحِتُونَ مِنَ الْجِبَالِ بُيُوتًا آمِنِينَ ﴿٨٢﴾

83 ਅੰਤ ਉਹਨਾਂ (ਕੌਮੇ-ਹਿਜਰ) ਨੂੰ ਸਵੇਰ ਹੁੰਦੇ ਹੀ ਇਕ ਜ਼ੋਰਦਾਰ ਚੰਘਿਆੜ ਨੇ ਆ ਨੱਪਿਆ।

فَأَخَذَتْهُمُ الصَّيْحَةُ مُصْبِحِينَ ﴿٨٣﴾

84 ਉਹਨਾਂ ਦੀ ਕੋਈ ਵੀ ਕਮਾਈ ਉਹਨਾਂ ਦੇ ਕਿਸੇ ਕੰਮ ਨਾ ਆਈ।

فَمَا أَغْنَىٰ عَنْهُمْ مَا كَانُوا يَكْسِبُونَ ﴿٨٤﴾

85. ਅਸੀਂ ਅਕਾਸ਼ ਤੇ ਧਰਤੀ ਅਤੇ ਇਹਨਾਂ ਵਿਚਕਾਰ ਦੀਆਂ ਸਾਰੀਆਂ ਚੀਜ਼ਾਂ ਨੂੰ ਸੱਚਾਈ ਨਾਲ ਹੀ ਪੈਦਾ ਕੀਤਾ ਹੈ। ਕਿਆਮਤ ਦਿਹਾੜਾ ਲਾਜ਼ਮੀ ਆਵੇਗਾ। ਸੋ (ਹੇ ਨਬੀ!) ਤੁਸੀਂ ਸੁੱਚੱਜੇ ਢੰਗ ਨਾਲ ਕਾਫ਼ਿਰਾਂ ਦੀਆਂ ਵਧੀਕੀਆਂ ਨੂੰ ਅੱਖਾਂ ਉਹਲੇ ਕਰਦੇ ਰਹੋ।

وَمَا خَلَقْنَا السَّمَاوَاتِ وَالْأَرْضَ وَمَا بَيْنَهُمَا
إِلَّا بِالْحَقِّ ۗ وَإِنَّ السَّاعَةَ لَآتِيَةٌ ۖ فَاصْفَحِ
الصَّفْحَ الْجَمِيلَ ﴿٨٥﴾

86. ਬੇਸ਼ੱਕ ਤੁਹਾਡਾ ਰੱਬ ਹੀ ਸਭ ਦਾ ਪੈਦਾ ਕਰਨ ਵਾਲਾ ਅਤੇ ਗਿਆਨਵਾਨ ਹੈ।

إِنَّ رَبَّكَ هُوَ الْخَلَّاقُ الْعَلِيمُ ﴿٨٦﴾

87 ਬੇਸ਼ੱਕ ਅਸੀਂ ਤੁਹਾਨੂੰ (ਹੇ ਨਬੀ ਸ:!) ਮੁੜ ਮੁੜ ਦੁਹਰਾਉਣ ਵਾਲੀਆਂ ਸੱਤ ਆਇਤਾਂ (ਸੂਰਤ ਫ਼ਾਤਿਹਾ) ਅਤੇ ਵੱਡੇ ਮਰਾਤਬੇ ਵਾਲਾ ਕੁਰਆਨ ਵੀ ਬਖ਼ਸ਼ਿਆ ਹੈ।[1]

وَلَقَدْ آتَيْنَاكَ سَبْعًا مِنَ الْمَثَانِي وَالْقُرْآنَ
الْعَظِيمَ ﴿٨٧﴾

---

[1] ਵੇਖ ਸੂਰਤ ਅਲ-ਫ਼ਾਤਿਹਾ, ਹਾਸ਼ੀਆ ਆਇਤ 2/1

88. ਹੇ ਨਬੀ! ਤੁਸੀਂ ਕਦੇ ਵੀ ਉਹਨਾ ਚੀਜ਼ਾਂ ਵੱਲ ਨਾ ਤੱਕੋ ਜਿਹੜੀਆਂ (ਜੀਵਨ ਸਮੱਗਰੀਆਂ) ਅਸੀਂ ਵੱਖ-ਵੱਖ ਲੋਕਾਂ ਨੂੰ ਦੇ ਛੱਡੀਆਂ ਹਨ ਅਤੇ ਨਾ ਹੀ ਇਹਨਾਂ ਲਈ ਚਿੰਤਿਤ ਹੋਵੋ, ਸਗੋਂ ਮੋਮਿਨਾਂ ਲਈ ਆਪਣੀਆਂ ਮੁਹੱਬਤ ਭਰੀਆਂ ਬਾਹਾਂ ਨੂੰ ਝੁਕਾਈਂ ਰੱਖੋ।

لَا تَمُدَّنَّ عَيْنَيْكَ إِلَىٰ مَا مَتَّعْنَا بِهِ أَزْوَاجًا مِّنْهُمْ وَلَا تَحْزَنْ عَلَيْهِمْ وَاخْفِضْ جَنَاحَكَ لِلْمُؤْمِنِينَ ٨٨

89. ਅਤੇ ਆਖ ਦਿਓ ਕਿ ਮੈਂ ਤਾਂ ਖੁੱਲ੍ਹਮ-ਖੁੱਲ੍ਹਾ ਡਰਾਉਣ ਵਾਲਾ ਹਾਂ।

وَقُلْ إِنِّي أَنَا النَّذِيرُ الْمُبِينُ ٨٩

90 ਅਜਿਹੇ ਅਜ਼ਾਬ ਦੀ ਚਿਤਾਵਨੀ ਅਸੀਂ ਫੁੱਟ ਪਾਉਣ ਵਾਲੇ ਲੋਕਾਂ ਵੱਲ ਭੇਜੀ ਸੀ।

كَمَا أَنزَلْنَا عَلَى الْمُقْتَسِمِينَ ٩٠

91. ਜਿਨ੍ਹਾਂ ਨੇ ਆਪਣੇ ਕੁਰਆਨ (ਭਾਵ ਤੌਰੈਤ) ਦੇ ਟੋਟੇ ਟੋਟੇ ਕਰ ਛੱਡੇ ਸੀ।

الَّذِينَ جَعَلُوا الْقُرْآنَ عِضِينَ ٩١

92. ਕਸਮ ਹੈ ਤੇਰੇ ਰੱਬ ਦੀ! ਅਸੀਂ ਇਹਨਾਂ ਸਾਰਿਆਂ ਤੋਂ ਜ਼ਰੂਰ ਹੀ ਪੁੱਛ ਗਿੱਛ ਕਰਾਂਗੇ।

فَوَرَبِّكَ لَنَسْأَلَنَّهُمْ أَجْمَعِينَ ٩٢

93. ਉਹਨਾਂ ਕੰਮਾਂ ਬਾਰੇ ਜੋ ਉਹ ਕਰਦੇ ਸਨ।

عَمَّا كَانُوا يَعْمَلُونَ ٩٣

94. (ਹੇ ਨਬੀ!) ਤੁਹਾਨੂੰ ਜੋ ਵੀ ਹੁਕਮ ਦਿੱਤਾ ਜਾ ਰਿਹਾ ਹੈ ਉਸ ਨੂੰ ਖੋਲ੍ਹ ਖੋਲ੍ਹ ਕੇ ਸੁਣਾ ਦਿਓ ਅਤੇ ਮੁਸ਼ਰਿਕਾਂ ਦੀ ਰਤਾ ਪਰਵਾਹ ਨਾ ਕਰੋ।

فَاصْدَعْ بِمَا تُؤْمَرُ وَأَعْرِضْ عَنِ الْمُشْرِكِينَ ٩٤

95. ਤੁਹਾਡੇ ਵੱਲੋਂ ਅਸੀਂ ਉਹਨਾਂ ਮਖੌਲ ਕਰਨ ਵਾਲਿਆਂ ਲਈ ਬਥੇਰੇ ਹਾਂ।

إِنَّا كَفَيْنَاكَ الْمُسْتَهْزِئِينَ ٩٥

96. ਜਿਹੜੇ ਲੋਕੀ ਅੱਲਾਹ ਦੇ ਨਾਲ-ਨਾਲ ਦੂਜੇ ਇਸ਼ਟ ਬਣਾਉਂਦੇ ਹਨ, ਉਹਨਾਂ ਨੂੰ ਛੇਤੀ ਹੀ (ਹਕੀਕਤ ਦਾ) ਪਤਾ ਲਗ ਜਾਵੇਗਾ।

الَّذِينَ يَجْعَلُونَ مَعَ اللَّهِ إِلَٰهًا آخَرَ ۚ فَسَوْفَ يَعْلَمُونَ ٩٦

97. (ਹੇ ਨਬੀ!) ਅਸੀਂ (ਅੱਲਾਹ) ਚੰਗੀ ਤਰ੍ਹਾਂ ਜਾਣਦੇ ਹਾਂ ਕਿ ਜੋ ਕੁੱਝ ਉਹ ਕਹਿੰਦੇ ਹਨ, ਉਸ ਨਾਲ ਤੁਹਾਡਾ ਮਨ ਕੁੜ੍ਹਦਾ ਹੈ

وَلَقَدْ نَعْلَمُ أَنَّكَ يَضِيقُ صَدْرُكَ بِمَا يَقُولُونَ ٩٧

98. ਤੁਸੀਂ ਆਪਣੇ ਪਾਲਣਹਾਰ ਦੀ ਉਸਤਤ ਨਾਲ ਉਸਦੀ ਤਸਬੀਹ ਕਰੋ ਅਤੇ ਸਿਜਦੇ ਕਰਨ ਵਾਲਿਆਂ ਦੀ ਸੰਗਤ ਕਰੋ।[1]

فَسَبِّحْ بِحَمْدِ رَبِّكَ وَكُنْ مِنَ السَّاجِدِينَ ﴿٩٨﴾

99. ਅਤੇ ਆਪਣੇ ਰੱਬ ਦੀ ਇਬਾਦਤ ਕਰਦੇ ਰਹੋ, ਇੱਥੋਂ ਤੀਕ ਕਿ ਤੁਹਾਡੇ ਕੋਲ ਅਟੱਲ ਚੀਜ਼ (ਭਾਵ ਮੌਤ) ਆ ਜਾਵੇ।[2]

وَاعْبُدْ رَبَّكَ حَتَّىٰ يَأْتِيَكَ الْيَقِينُ ﴿٩٩﴾

16. ਸੂਰਤ ਅਨ-ਨਹਲ (ਮੱਕੀ-70)

سُورَةُ النَّحْلِ

(ਆਇਤਾਂ 128, ਰੁਕੂਅ 16)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1 ਅੱਲਾਹ ਦਾ ਹੁਕਮ (ਅਜ਼ਾਬ ਦਾ) ਆ ਗਿਆ ਹੈ, ਹੁਣ ਇਸ ਲਈ ਤੁਸੀਂ ਤਕਾਈ ਨਾ ਪਾਓ। ਉਹ ਪਾਕ ਹੈ ਅਤੇ ਉਹਨਾਂ ਸਭ ਤੋਂ ਉੱਚ ਦਰਜਾ ਹੈ, ਜਿਨ੍ਹਾਂ ਨੂੰ ਉਹ ਲੋਕ (ਅੱਲਾਹ ਦਾ) ਸਾਂਝੀ ਦੱਸਦੇ ਹਨ।

أَتَىٰ أَمْرُ اللَّهِ فَلَا تَسْتَعْجِلُوهُ ۚ سُبْحَانَهُ وَتَعَالَىٰ عَمَّا يُشْرِكُونَ ﴿١﴾

2 ਉਹ ਆਪਣੇ ਜਿਸ ਬੰਦੇ ਕੋਲ ਚਾਹੁੰਦਾ ਹੈ ਆਪਣੇ ਹੁਕਮ ਰਾਹੀਂ ਵਹੀ (ਰੱਬੀ ਸੁਨੇਹਾ) ਦੇ ਕੇ ਫ਼ਰਿਸ਼ਤਿਆਂ ਨੂੰ ਭੇਜਦਾ ਹੈ ਤਾਂ ਜੋ ਤੁਹਾਨੂੰ (ਲੋਕਾਂ

يُنَزِّلُ الْمَلَائِكَةَ بِالرُّوحِ مِنْ أَمْرِهِ عَلَىٰ مَنْ يَشَاءُ مِنْ عِبَادِهِ أَنْ أَنْذِرُوا أَنَّهُ لَا إِلَٰهَ إِلَّا أَنَا فَاتَّقُونِ ﴿٢﴾

---

[1] ਇਸ ਤੋਂ ਭਾਵ ਜਮਾਅਤ ਨਾਲ ਨਮਾਜ਼ ਪੜ੍ਹਨਾ ਹੈ ਜਿਵੇਂ ਨਬੀ (ਸ.) ਦੇ ਸਮੇਂ ਹੁੰਦਾ ਸੀ, ਇਬਨੇ ਅੱਬਾਸ ਫ਼ਰਮਾਉਂਦੇ ਹਨ ਕਿ ਅੱਲਾਹ ਦੇ ਰਸੂਲ (ਸ.) ਦੇ ਸਮੇਂ ਜਦੋਂ ਲੋਕ ਫ਼ਰਜ਼ ਨਮਾਜ਼ ਅਦਾ ਕਰ ਚੁੱਕਦੇ ਤਾਂ ਉੱਚੀ ਆਵਾਜ਼ ਨਾਲ ਅੱਲਾਹ ਦਾ ਜ਼ਿਕਰ (ਅੱਲਾਹੋ-ਅਕਬਰ, ਅਸਤਗ਼ਫ਼ਿਰੁੱਲਾਹ, ਅਸਤਗ਼ਫ਼ਿਰੁੱਲਾਹ, ਅਸਤਗ਼ਫ਼ਿਰੁੱਲਾਹ) ਕਹਿਆ ਕਰਦੇ ਸੀ। ਜਦੋਂ ਮੈਂ ਇਹ ਜ਼ਿਕਰ ਸੁਣਦਾ ਤਾਂ ਮੈਂ ਸਮਝ ਜਾਂਦਾ ਕਿ ਇਹ ਲੋਕੀ ਫ਼ਰਜ਼ ਨਮਾਜ਼ ਤੋਂ ਵੇਹਲੇ ਹੋ ਚੁੱਕੇ ਹਨ। (ਸਹੀ ਬੁਖ਼ਾਰੀ, ਹਦੀਸ : 841)

[2] ਨਬੀ ਕਰੀਮ (ਸ.) ਨੇ ਫ਼ਰਮਾਇਆ ਕਿ ਜੇ ਤੁਹਾਡੇ ਵਿਚੋਂ ਕਿਸੇ ਨੂੰ ਕੋਈ ਬਿਪਤਾ ਆ ਜਾਵੇ ਤਾਂ ਉਹਨੂੰ ਮੌਤ ਦੀ ਇੱਛਾ ਨਹੀਂ ਕਰਨੀ ਚਾਹੀਦੀ। ਜੇ ਮੌਤ ਦੀ ਇੱਛਾ ਤੋਂ ਛੁੱਟ ਹੋਰ ਕੋਈ ਰਾਹ ਨਾ ਮਿਲੇ ਤਾਂ ਉਸ ਨੂੰ ਇਹ ਕਹਿਣਾ ਚਾਹੀਦਾ ਹੈ ਕਿ ਹੇ ਅੱਲਾਹ ਮੈਨੂੰ ਉਸ ਸਮੇਂ ਤੱਕ ਜਿਊਂਦਾ ਰੱਖ ਜਦੋਂ ਤੱਕ ਜਿਊਣਾ ਮੇਰੇ ਲਈ ਲਾਭਦਾਇਕ ਹੈ ਅਤੇ ਮੌਤ ਉਸ ਸਮੇਂ ਦੇ ਜਦੋਂ ਮੇਰੀ ਮੌਤ ਵਿਚ ਮੇਰੀ ਭਲਾਈ ਹੋਵੇ (ਸਹੀ ਬੁਖ਼ਾਰੀ, ਹਦੀਸ : 5671)

ਨੂੰ) ਇਸ ਗੱਲ ਤੋਂ ਸੁਚੇਤ ਕਰ ਦੇਣ ਕਿ ਛੁੱਟ ਮੈਥੋਂ ਹੋਰ ਕੋਈ ਇਸ਼ਟ ਨਹੀਂ। ਸੋ ਤੁਸੀਂ ਮੈਥੋਂ ਹੀ ਡਰੋ।

3 ਉਸੇ ਨੇ ਅਕਾਸ਼ ਤੇ ਧਰਤੀ ਨੂੰ ਹੱਕ ਨਾਲ ਸਾਜਿਆ ਹੈ। ਉਹ (ਅੱਲਾਹ) ਉਹਨਾਂ ਤੋਂ ਬਹੁਤ ਉੱਚਾ ਹੈ ਜਿਨ੍ਹਾਂ ਨੂੰ ਉਹ (ਅੱਲਾਹ ਦਾ) ਸ਼ਰੀਕ ਬਣਾਉਂਦੇ ਹਨ।

خَلَقَ السَّمٰوٰتِ وَالْاَرْضَ بِالْحَقِّ تَعٰلٰى عَمَّا يُشْرِكُوْنَ (٣)

4. ਉਸੇ (ਅੱਲਾਹ) ਨੇ ਮਨੁੱਖ ਨੂੰ ਵੀਰਜ ਤੋਂ ਪੈਦਾ ਕੀਤਾ ਪਰ ਅਚਣਚੇਤ ਉਹ ਝਗੜਾਲੂ ਬਣ ਗਿਆ।

خَلَقَ الْاِنْسَانَ مِنْ نُّطْفَةٍ فَاِذَا هُوَ خَصِيْمٌ مُّبِيْنٌ (٤)

5. ਉਸ ਨੇ ਪਸ਼ੂ ਪੈਦਾ ਕੀਤੇ, ਇਹਨਾਂ ਵਿਚ ਤੁਹਾਡੇ ਲਈ ਠੰਡ ਤੋਂ ਬਚਾਓ (ਦਾ ਸਾਧਨ) ਹੈ ਅਤੇ ਹੋਰ ਵੀ ਕਈ ਲਾਭ ਹਨ, ਇਹਨਾਂ ਵਿੱਚੋਂ ਕੁੱਝ (ਪਸ਼ੂਆਂ) ਨੂੰ ਤੁਸੀਂ ਖਾਂਦੇ ਵੀ ਹੋ।

وَالْاَنْعَامَ خَلَقَهَا لَكُمْ فِيْهَا دِفْءٌ وَّمَنَافِعُ وَمِنْهَا تَاْكُلُوْنَ (٥)

6. ਇਹਨਾਂ (ਪਸ਼ੂਆਂ) ਵਿੱਚੋਂ ਤੁਹਾਡੇ ਲਈ ਰੌਣਕਾਂ ਵੀ ਹਨ ਜਦੋਂ ਤੁਸੀਂ ਇਹਨਾਂ ਨੂੰ ਸ਼ਾਮ ਵੇਲੇ ਚਰਾ ਕੇ ਲਿਆਂਦੇ ਹੋ ਅਤੇ ਸਵੇਰ ਨੂੰ ਚਰਨ ਲੈ ਜਾਂਦੇ ਹੋ।

وَلَكُمْ فِيْهَا جَمَالٌ حِيْنَ تُرِيْحُوْنَ وَحِيْنَ تَسْرَحُوْنَ (٦)

7. ਅਤੇ ਉਹ (ਪਸ਼ੂ) ਤੁਹਾਡੇ ਲਈ ਭਾਰ ਢੋ-ਢੋ ਕੇ ਉਹਨਾਂ ਸ਼ਹਿਰਾਂ (ਥਾਵਾਂ) ਤੀਕ ਲੈ ਜਾਂਦੇ ਹਨ ਜਿੱਥੇ ਤੁਸੀਂ ਬਿਨਾਂ ਜਾਨਤੋੜ ਮਿਹਨਤ ਤੋਂ ਨਹੀਂ ਪੁੱਜ ਸਕਦੇ। ਵਾਸਤਵ ਵਿਚ ਤੁਹਾਡਾ ਰੱਬ ਅਤਿਅੰਤ ਨਰਮੀ ਕਰਨ ਵਾਲਾ ਤੇ ਮਿਹਰਬਾਨ ਹੈ।

وَتَحْمِلُ اَثْقَالَكُمْ اِلٰى بَلَدٍ لَّمْ تَكُوْنُوْا بٰلِغِيْهِ اِلَّا بِشِقِّ الْاَنْفُسِ اِنَّ رَبَّكُمْ لَرَءُوْفٌ رَّحِيْمٌ (٧)

8. ਘੋੜੇ, ਖੱਚਰ ਤੇ ਖੋਤੇ (ਉਸੇ ਨੇ) ਪੈਦਾ ਕੀਤੇ ਤਾਂ ਜੋ ਤੁਸੀਂ ਉਹਨਾਂ 'ਤੇ ਸਵਾਰ ਹੋਵੋ। ਉਹ ਤੁਹਾਡੇ ਲਈ ਸਜਾਵਟ ਦਾ ਸਾਧਨ ਵੀ ਹਨ। ਉਹ ਹੋਰ ਵੀ ਅਨੇਕਾਂ ਚੀਜ਼ਾਂ ਪੈਦਾ ਕਰਦਾ ਹੈ ਜਿਨ੍ਹਾਂ ਦਾ ਤੁਹਾਨੂੰ ਪਤਾ ਵੀ ਨਹੀਂ।

وَّالْخَيْلَ وَالْبِغَالَ وَالْحَمِيْرَ لِتَرْكَبُوْهَا وَزِيْنَةً وَيَخْلُقُ مَا لَا تَعْلَمُوْنَ (٨)

9. ਸਿੱਧੀ ਰਾਹ ਅੱਲਾਹ ਕੋਲ ਪਹੁੰਚਦੀ ਹੈ ਤੇ ਕੁੱਝ ਰਾਹ ਵਿੰਗੇ-ਟੇਡੇ ਵੀ ਹਨ। ਜੇ ਅੱਲਾਹ ਚਾਹੁੰਦਾ ਤਾਂ ਤੁਹਾਨੂੰ ਸਭ ਨੂੰ ਸਿੱਧੇ ਰਾਹ ਪਾ ਦਿੰਦਾ।

وَعَلَى اللّٰهِ قَصْدُ السَّبِيْلِ وَمِنْهَا جَائِرٌ وَلَوْ شَاءَ لَهَدٰىكُمْ اَجْمَعِيْنَ (٩)

10 ਉਹੀਓ ਹੈ ਜਿਸ ਨੇ ਅਕਾਸ਼ ਤੋਂ ਤੁਹਾਡੇ ਲਈ ਪਾਣੀ ਉਤਾਰਿਆ, ਉਸੇ ਨੂੰ ਪੀਤਾ ਜਾਂਦਾ ਹੈ ਅਤੇ ਉਸੇ ਤੋਂ ਦਰਖ਼ਤ ਉੱਗਦੇ ਹਨ ਜਿਨ੍ਹਾਂ ਤੋਂ ਤੁਸੀਂ ਆਪਣੇ ਜਾਨਵਰਾਂ ਨੂੰ ਚਰਾਂਦੇ ਹੋ।

هُوَ الَّذِيْٓ اَنْزَلَ مِنَ السَّمَآءِ مَآءً لَّكُمْ مِّنْهُ
شَرَابٌ وَّمِنْهُ شَجَرٌ فِيْهِ تُسِيْمُوْنَ ١٠

11. ਉਸੇ (ਪਾਣੀ) ਤੋਂ ਉਹ (ਅੱਲਾਹ) ਤੁਹਾਡੀ ਖੇਤੀ ਉਗਾਉਂਦਾ ਹੈ, ਜ਼ੈਤੂਨ, ਖਜੂਰ, ਅੰਗੂਰ ਅਤੇ ਹੋਰ ਕਈ ਪ੍ਰਕਾਰ ਦੇ ਫਲ (ਉਗਾਉਂਦਾ ਹੈ)। ਬੇਸ਼ੱਕ ਸੋਚ ਵਿਚਾਰ ਕਰਨ ਵਾਲਿਆਂ ਲਈ ਇਹਨਾਂ ਵਿਚ ਬਹੁਤ ਵੱਡੀ ਨਿਸ਼ਾਨੀ ਹੈ।

يُنْۢبِتُ لَكُمْ بِهِ الزَّرْعَ وَالزَّيْتُوْنَ وَالنَّخِيْلَ
وَالْاَعْنَابَ وَمِنْ كُلِّ الثَّمَرٰتِ ؕ اِنَّ فِيْ ذٰلِكَ
لَاٰيَةً لِّقَوْمٍ يَّتَفَكَّرُوْنَ ١١

12. ਉਸੇ ਨੇ ਤੁਹਾਡੇ ਲਈ ਰਾਤ ਤੇ ਦਿਨ ਨੂੰ ਕੰਮ ਲਾ ਛੱਡਿਆ ਹੈ। ਸੂਰਜ, ਚੰਨ ਅਤੇ ਤਾਰੇ ਵੀ ਉਸੇ ਦੇ ਹੁਕਮ ਦੀ ਪਾਲਣਾ ਕਰਦੇ ਹਨ ਬੇਸ਼ੱਕ ਇਸ ਵਿਚ ਸੂਝ ਬੂਝ ਰੱਖਣ ਵਾਲਿਆਂ ਲਈ ਕਿੰਨੀਆਂ ਹੀ ਨਿਸ਼ਾਨੀਆਂ ਹਨ।

وَسَخَّرَ لَكُمُ الَّيْلَ وَالنَّهَارَ ۙ وَالشَّمْسَ وَالْقَمَرَ ؕ
وَالنُّجُوْمُ مُسَخَّرٰتٌۢ بِاَمْرِهٖ ؕ اِنَّ فِيْ ذٰلِكَ لَاٰيٰتٍ
لِّقَوْمٍ يَّعْقِلُوْنَ ١٢

13. ਅਤੇ ਹੋਰ ਵੀ ਅਨੇਕਾਂ ਰੰਗ ਬਰੰਗੀਆਂ ਚੀਜ਼ਾਂ ਉਸ ਨੇ ਤੁਹਾਡੇ ਲਈ ਧਰਤੀ ਵਿਚ ਪੈਦਾ ਕੀਤੀਆਂ ਹਨ। ਸਿੱਖਿਆ ਗ੍ਰਹਿਣ ਕਰਨ ਵਾਲਿਆਂ ਲਈ ਇਸ ਵਿਚ ਅਨੇਕਾਂ ਹੀ ਨਿਸ਼ਾਨੀਆਂ ਹਨ।

وَمَا ذَرَاَ لَكُمْ فِي الْاَرْضِ مُخْتَلِفًا اَلْوَانُهٗ ؕ
اِنَّ فِيْ ذٰلِكَ لَاٰيَةً لِّقَوْمٍ يَّذَّكَّرُوْنَ ١٣

14. ਉਸੇ ਅੱਲਾਹ ਨੇ ਤੁਹਾਡੇ ਅਧੀਨ ਸਮੁੰਦਰ ਕਰ ਛੱਡੇ ਹਨ ਤਾਂ ਜੋ ਤੁਸੀਂ ਉਸ (ਸਮੁੰਦਰ) ਵਿੱਚੋਂ ਤਾਜ਼ਾ (ਮੱਛੀ ਦਾ) ਮਾਸ ਖਾਓ ਅਤੇ ਇਸ ਵਿੱਚੋਂ ਆਪਣੇ ਸ਼ਿੰਗਾਰ ਲਈ ਗਹਿਣੇ (ਹੀਰੇ ਮੋਤੀ) ਕੱਢੋ, ਜੋ ਤੁਸੀਂ ਪਹਿਨਿਆ ਕਰਦੇ ਹੋ। ਤੁਸੀਂ (ਇਸੇ ਵਿਚ) ਪਾਣੀ ਨੂੰ ਚੀਰਦੀਆਂ ਹੋਈਆਂ ਕਿਸ਼ਤੀਆਂ ਵੀ ਚਲਦੀਆਂ ਹੋਈਆਂ ਵੇਖਦੇ ਹੋ, ਤਾਂ ਜੋ ਤੁਸੀਂ ਸਮੁੰਦਰ ਵਿੱਚੋਂ ਅੱਲਾਹ ਦਾ ਫ਼ਜ਼ਲ (ਰਿਜ਼ਕ) ਤਲਾਸ਼ ਕਰੋ ਅਤੇ ਤੁਸੀਂ ਉਸ ਦੇ ਧੰਨਵਾਦੀ ਹੋਵੋ।

وَهُوَ الَّذِيْ سَخَّرَ الْبَحْرَ لِتَاْكُلُوْا مِنْهُ لَحْمًا طَرِيًّا
وَّتَسْتَخْرِجُوْا مِنْهُ حِلْيَةً تَلْبَسُوْنَهَا ۚ وَتَرَى
الْفُلْكَ مَوَاخِرَ فِيْهِ وَلِتَبْتَغُوْا مِنْ فَضْلِهٖ
وَلَعَلَّكُمْ تَشْكُرُوْنَ ١٤

15. ਅਤੇ ਉਸ (ਅੱਲਾਹ) ਨੇ ਧਰਤੀ ਵਿਚ ਪਹਾੜ ਗੱਡ ਦਿੱਤੇ ਤਾਂ ਜੋ ਉਹ (ਧਰਤੀ) ਸਣੇ ਤੁਹਾਡੇ ਖਿਸਕ ਨਾ ਜਾਵੇ। ਨਹਿਰਾਂ ਅਤੇ ਰਸਤੇ ਬਣਾਏ ਤਾਂ ਜੋ ਤੁਸੀਂ ਆਪਣੀਆਂ ਥਾਵਾਂ (ਮੰਜ਼ਿਲਾਂ) 'ਤੇ ਪਹੁੰਚ ਸਕੋ।

وَأَلْقَىٰ فِي الْأَرْضِ رَوَاسِيَ أَن تَمِيدَ بِكُمْ وَأَنْهَارًا وَسُبُلًا لَّعَلَّكُمْ تَهْتَدُونَ ﴿١٥﴾

16. ਹੋਰ ਵੀ ਕਈ ਨਿਸ਼ਾਨੀਆਂ (ਰਾਹ ਲੱਭਣ ਲਈ) ਰੱਖ ਛੱਡੀਆਂ ਹਨ। ਤਾਰਿਆਂ ਰਾਹੀਂ ਵੀ ਲੋਕੀ ਰਾਹ ਲੱਭ ਲੈਂਦੇ ਹਨ।

وَعَلَامَاتٍ ۚ وَبِالنَّجْمِ هُمْ يَهْتَدُونَ ﴿١٦﴾

17. ਭਲਾ ਜਿਹੜਾ (ਅੱਲਾਹ ਸਭ ਕੁੱਝ) ਪੈਦਾ ਕਰਦਾ ਹੈ, ਕੀ ਉਹ ਉਸ ਜਿਹਾ ਹੋ ਸਕਦਾ ਹੈ ਜਿਹੜਾ (ਕੁੱਝ ਵੀ) ਪੈਦਾ ਨਹੀਂ ਕਰਦਾ? ਕੀ ਤੁਸੀਂ ਕੁੱਝ ਵੀ ਨਹੀਂ ਸੋਚਦੇ?

أَفَمَن يَخْلُقُ كَمَن لَّا يَخْلُقُ ۗ أَفَلَا تَذَكَّرُونَ ﴿١٧﴾

18. ਜੇ ਤੁਸੀਂ ਅੱਲਾਹ ਦੀਆਂ ਨਿਆਮਤਾਂ ਦੀ ਗਿਣਤੀ ਕਰਨਾ ਚਾਹੋ ਤਾਂ ਗਿਣ ਨਹੀਂ ਸਕਦੇ। ਬੇਸ਼ੱਕ ਅੱਲਾਹ ਬਖ਼ਸ਼ਣਹਾਰ ਤੇ ਮਿਹਰਬਾਨ ਹੈ।

وَإِن تَعُدُّوا نِعْمَةَ اللَّهِ لَا تُحْصُوهَا ۗ إِنَّ اللَّهَ لَغَفُورٌ رَّحِيمٌ ﴿١٨﴾

19. ਜੋ ਵੀ ਤੁਸੀਂ ਗੁਪਤ ਰੱਖਦੇ ਹੋ ਜਾਂ ਪ੍ਰਗਟ (ਵਿਖਾਵਾ) ਕਰਦੇ ਹੋ ਅੱਲਾਹ ਸਭ ਜਾਣਦਾ ਹੈ।

وَاللَّهُ يَعْلَمُ مَا تُسِرُّونَ وَمَا تُعْلِنُونَ ﴿١٩﴾

20. ਜਿਨ੍ਹਾਂ ਨੂੰ ਇਹ (ਮੁਸ਼ਰਿਕ ਲੋਕ) ਅੱਲਾਹ ਨੂੰ ਛੱਡ ਕੇ ਪੁਕਾਰਦੇ ਹਨ ਉਹ ਕਿਸੇ ਵੀ ਚੀਜ਼ ਨੂੰ ਪੈਦਾ ਨਹੀਂ ਕਰ ਸਕਦੇ, ਜਦ ਕਿ ਉਹ ਸਾਰੇ (ਅੱਲਾਹ ਦੁਆਰਾ) ਪੈਦਾ ਕੀਤੇ ਗਏ ਹਨ।[1]

وَالَّذِينَ يَدْعُونَ مِن دُونِ اللَّهِ لَا يَخْلُقُونَ شَيْئًا وَهُمْ يُخْلَقُونَ ﴿٢٠﴾

21. ਇਹ ਸਾਰੇ (ਅਕਲ ਪੱਖੋਂ) ਮੁਰਦੇ ਹਨ ਜਿਊਂਦੇ ਨਹੀਂ, ਉਹਨਾਂ ਨੂੰ ਤਾਂ ਇਹ ਵੀ ਨਹੀਂ ਪਤਾ ਕਿ ਉਹ ਕਦੋਂ (ਮੁੜ) ਉਠਾਏ ਜਾਣਗੇ।

أَمْوَاتٌ غَيْرُ أَحْيَاءٍ ۖ وَمَا يَشْعُرُونَ أَيَّانَ يُبْعَثُونَ ﴿٢١﴾

---

[1] ਭਾਵ ਇਕ ਤੋਂ ਵੱਧ ਇਸ਼ਟਾਂ ਨੂੰ ਮੰਨਣ ਵਾਲੇ ਮੂਰਤੀ ਪੂਜਕ ਅਤੇ ਅੱਲਾਹ ਦਾ ਇਕ ਹੋਣ ਤੋਂ ਇਨਕਾਰ ਕਰਨ ਵਾਲੇ ਜਿਹੜੇ ਅੱਲਾਹ ਦੇ ਨਾਲ ਨਾਲ ਦੂਜਿਆਂ ਦੀ ਵੀ ਪੂਜਾ ਕਰਦੇ ਹਨ ਅਤੇ ਅੱਲਾਹ ਦਾ ਸ਼ਰੀਕ ਬਣਾਉਂਦੇ ਹਨ ਉਹ ਸਭ (ਪੈਦਾ ਕੀਤੀਆਂ ਹੋਈਆਂ) (ਮਖ਼ਲੂਕ) ਹਨ ਅਤੇ ਮਖ਼ਲੂਕ ਕਿਵੇਂ ਪੂਜਨ ਯੋਗ ਹੋ ਸਕਦਾ ਹੈ।

22 ਤੁਹਾਡਾ ਸਭ ਦਾ ਕੇਵਲ ਇਕ ਹੀ ਇਸ਼ਟ ਹੈ, ਪਰ ਜਿਹੜੇ ਲੋਕੀ ਆਖ਼ਿਰਤ 'ਤੇ ਈਮਾਨ ਨਹੀਂ ਰੱਖਦੇ ਉਹਨਾਂ ਦੇ ਮਨ (ਇੱਕੋ-ਇਕ ਇਸ਼ਟ ਦਾ) ਇਨਕਾਰ ਕਰਦੇ ਹਨ। ਉਹ ਸਾਰੇ ਹੀ ਘਮੰਡੀ ਹਨ।

إِلَٰهُكُمْ إِلَٰهٌ وَاحِدٌ ۚ فَالَّذِينَ لَا يُؤْمِنُونَ بِالْآخِرَةِ
قُلُوبُهُم مُّنكِرَةٌ وَهُم مُّسْتَكْبِرُونَ ﴿٢٢﴾

23 ਬੇਸ਼ੱਕ ਅੱਲਾਹ ਹਰ ਉਸ ਚੀਜ਼ ਨੂੰ ਜਿਸ ਨੂੰ ਤੁਸੀਂ ਗੁਪਤ ਰੱਖਦੇ ਹੋ ਅਤੇ ਜਿਸ ਨੂੰ ਪ੍ਰਗਟ ਕਰਦੇ ਹੋ, ਚੰਗੀ ਤਰ੍ਹਾਂ ਜਾਣਦਾ ਹੈ। ਬੇਸ਼ੱਕ ਉਹ ਘਮੰਡੀਆਂ ਨੂੰ ਉੱਕਾ ਹੀ ਪਸੰਦ ਨਹੀਂ ਕਰਦਾ।

لَا جَرَمَ أَنَّ اللَّهَ يَعْلَمُ مَا يُسِرُّونَ وَمَا يُعْلِنُونَ ۚ
إِنَّهُ لَا يُحِبُّ الْمُسْتَكْبِرِينَ ﴿٢٣﴾

24. ਜਦੋਂ ਉਹਨਾਂ (ਕਾਫ਼ਿਰਾਂ) ਤੋਂ ਪੁੱਛਿਆ ਜਾਂਦਾ ਹੈ ਕਿ ਤੁਹਾਡੇ ਰੱਬ (ਇਸ਼ਟ) ਨੇ ਕੀ ਚੀਜ਼ ਉਤਾਰੀ ਹੈ? ਤਾਂ (ਮੱਕੇ ਵਾਲੇ) ਆਖਦੇ ਹਨ ਕਿ ਇਹ ਤਾਂ ਪਹਿਲੇ ਸਮੇਂ ਦੇ ਕਿੱਸੇ ਕਹਾਣੀਆਂ ਹਨ।

وَإِذَا قِيلَ لَهُم مَّاذَا أَنزَلَ رَبُّكُمْ ۙ قَالُوا
أَسَاطِيرُ الْأَوَّلِينَ ﴿٢٤﴾

25. ਕਿਆਮਤ ਦਿਹਾੜੇ ਇਹ ਲੋਕ ਜਿੱਥੇ ਆਪਣੇ (ਪਾਪਾਂ ਦਾ) ਬੋਝ ਚੁੱਕਣਗੇ ਉੱਥੇ ਹੀ ਉਹਨਾਂ ਦਾ ਵੀ ਬੋਝ ਚੁੱਕਣਗੇ, ਜਿਨ੍ਹਾਂ ਨੂੰ ਉਹ ਬਿਨਾਂ ਗਿਆਨ ਗੁਮਰਾਹ ਕਰਦੇ ਹਨ। ਵੇਖੋ ਉਹ ਕਿੰਨਾ ਭੈੜਾ ਬੋਝ ਚੁੱਕ ਰਹੇ ਹਨ।

لِيَحْمِلُوا أَوْزَارَهُمْ كَامِلَةً يَوْمَ الْقِيَامَةِ ۙ وَمِنْ
أَوْزَارِ الَّذِينَ يُضِلُّونَهُم بِغَيْرِ عِلْمٍ ۗ
أَلَا سَاءَ مَا يَزِرُونَ ﴿٢٥﴾

26. ਬੇਸ਼ੱਕ ਉਹ ਲੋਕ ਆਪਣੀਆਂ ਚਾਲਾਂ ਚੱਲ ਚੁੱਕੇ ਜਿਹੜੇ ਇਹਨਾਂ ਤੋਂ ਪਹਿਲਾਂ ਬੀਤ ਚੁੱਕੇ, ਪਰ ਅੱਲਾਹ ਨੇ ਉਹਨਾਂ ਦੀਆਂ ਮੱਕਾਰੀ ਭਰੀਆਂ ਚਾਲਾਂ ਦੀ ਇਮਾਰਤ ਜੜੋਂ ਉਖਾੜ ਸੁੱਟੀ, ਜੋ ਉਹਨਾਂ ਦੇ ਉੱਤੇ ਉਸੇ (ਮੱਕਾਰੀ) ਦੀ ਛੱਤ ਆ ਡਿੱਗੀ। ਉਹਨਾਂ 'ਤੇ ਹਰ ਪਾਸਿਓਂ ਅਜ਼ਾਬ ਆਇਆ ਹੈ ਜਿਧਰੋਂ ਉਹ ਸੋਚ ਵੀ ਨਹੀਂ ਸੀ ਸਕਦੇ।

قَدْ مَكَرَ الَّذِينَ مِن قَبْلِهِمْ فَأَتَى اللَّهُ بُنْيَانَهُم
مِّنَ الْقَوَاعِدِ فَخَرَّ عَلَيْهِمُ السَّقْفُ مِن فَوْقِهِمْ
وَأَتَاهُمُ الْعَذَابُ مِنْ حَيْثُ لَا يَشْعُرُونَ ﴿٢٦﴾

27 ਕਿਆਮਤ ਦਿਹਾੜੇ ਅੱਲਾਹ ਇਹਨਾਂ ਨੂੰ ਹੀਣਾ ਕਰੇਗਾ ਅਤੇ ਪੁੱਛੇਗਾ ਕਿ ਮੇਰੇ ਉਹ ਸ਼ਰੀਕ ਕਿੱਥੇ ਹਨ ਜਿਨ੍ਹਾਂ ਲਈ ਤੁਸੀਂ (ਈਮਾਨ ਵਾਲਿਆਂ

ثُمَّ يَوْمَ الْقِيَامَةِ يُخْزِيهِمْ وَيَقُولُ أَيْنَ شُرَكَائِيَ
الَّذِينَ كُنتُمْ تُشَاقُّونَ فِيهِمْ ۚ قَالَ الَّذِينَ أُوتُوا
الْعِلْمَ إِنَّ الْخِزْيَ الْيَوْمَ وَالسُّوءَ عَلَى الْكَافِرِينَ ﴿٢٧﴾

33

ਨਾਲ) ਝਗੜਿਆ ਕਰਦੇ ਸੀ। ਉਹ ਲੋਕ ਜਿਨ੍ਹਾਂ ਨੂੰ (ਕੁਰਆਨ ਦਾ) ਗਿਆਨ ਦਿੱਤਾ ਗਿਆ ਸੀ ਉਹ ਆਖਣਗੇ ਕਿ ਅੱਜ ਕਾਫ਼ਿਰਾਂ ਲਈ ਰੁਸਵਾਈ ਤੇ ਮੰਦਭਾਗੀ ਹੈ।

28. ਉਨ੍ਹਾਂ ਦੀ ਰੂਹ ਫ਼ਰਿਸ਼ਤੇ ਇਸ ਹਾਲ ਵਿਚ ਕੱਢਦੇ ਹਨ ਕਿ ਉਹ (ਕੁਫ਼ਰ ਜਾਂ ਸ਼ਿਰਕ ਰਾਹੀਂ) ਆਪਣੇ ਆਪ 'ਤੇ ਜ਼ੁਲਮ ਕਰ ਰਹੇ ਹੁੰਦੇ ਹਨ ਤਾਂ ਅਤੇ ਉਹ (ਕਾਫ਼ਿਰ) ਇਹ ਕਹਿੰਦੇ ਹੋਏ ਸਿਰ ਝੁਕਾ ਦਿੰਦੇ ਹਨ ਕਿ ਅਸੀਂ ਤਾਂ ਕੋਈ ਭੈੜਾ ਕੰਮ ਨਹੀਂ ਸੀ ਕਰਦੇ। (ਫ਼ਰਿਸ਼ਤੇ ਆਖਦੇ ਹਨ) ਕਿਉਂ ਨਹੀਂ ਸੀ ਕਰਦੇ। ਅੱਲਾਹ ਸਭ ਜਾਣਦਾ ਹੈ, ਜੋ ਤੁਸੀਂ ਕਰਦੇ ਸੀ।

الَّذِينَ تَتَوَفَّاهُمُ الْمَلَائِكَةُ ظَالِمِي أَنفُسِهِمْ ۖ
فَأَلْقَوُا السَّلَمَ مَا كُنَّا نَعْمَلُ مِن سُوءٍ ۚ بَلَىٰ
إِنَّ اللَّهَ عَلِيمٌ بِمَا كُنتُمْ تَعْمَلُونَ ﴿٢٨﴾

29. ਹੁਣ ਤੁਸੀਂ ਨਰਕ ਦੇ ਬੂਹਿਆਂ ਵਿਚ ਦਾਖ਼ਲ ਹੋ ਜਾਓ ਅਤੇ ਸਦਾ ਇਸੇ ਵਿਚ ਹੀ ਰਹੋ। ਸੋ ਘਮੰਡੀਆਂ ਲਈ ਕਿੰਨਾ ਭੈੜਾ ਟਿਕਾਣਾ ਹੈ।

فَادْخُلُوا أَبْوَابَ جَهَنَّمَ خَالِدِينَ فِيهَا ۖ
فَلَبِئْسَ مَثْوَى الْمُتَكَبِّرِينَ ﴿٢٩﴾

30. ਜਦੋਂ ਰੱਬ ਦਾ ਡਰ ਮੰਨਣ ਵਾਲਿਆਂ ਨੂੰ ਪੁੱਛਿਆ ਜਾਂਦਾ ਹੈ ਕਿ ਤੁਹਾਡੇ ਰੱਬ ਨੇ ਕੀ ਉਤਾਰਿਆ ਹੈ? ਤਾਂ ਆਖਦੇ ਹਨ ਕਿ ਖ਼ੈਰ ਹੀ ਖ਼ੈਰ (ਸਭ ਤੋਂ ਵਧੀਆ ਚੀਜ਼ ਉਤਾਰੀ ਹੈ)। ਜਿਨ੍ਹਾਂ ਲੋਕਾਂ ਨੇ ਭਲਾਈ ਕੀਤੀ ਉਹਨਾਂ ਲਈ ਇਸ ਦੁਨੀਆਂ ਵਿਚ ਵੀ ਭਲਾਈ ਹੈ ਅਤੇ ਆਖ਼ਿਰਤ ਦਾ ਘਰ ਤਾਂ ਲਾਜ਼ਮੀ ਹੀ ਵਧੀਆ ਹੋਵੇਗਾ। ਕਿੰਨਾ ਚੰਗਾ ਘਰ ਹੈ, ਰੱਬ ਤੋਂ ਡਰਨ ਵਾਲਿਆਂ ਦਾ।

وَقِيلَ لِلَّذِينَ اتَّقَوْا مَاذَا أَنزَلَ رَبُّكُمْ ۚ قَالُوا
خَيْرًا ۗ لِّلَّذِينَ أَحْسَنُوا فِي هَٰذِهِ الدُّنْيَا حَسَنَةٌ ۚ
وَلَدَارُ الْآخِرَةِ خَيْرٌ ۚ وَلَنِعْمَ دَارُ الْمُتَّقِينَ ﴿٣٠﴾

31. (ਭਾਵ) ਸਦੀਵੀ ਨਿਵਾਸ ਲਈ ਬਾਗ਼ ਹਨ ਜਿਨ੍ਹਾਂ ਵਿਚ ਉਹ (ਨੇਕ ਲੋਕ) ਦਾਖ਼ਲ ਹੋਣਗੇ। ਉਹਨਾਂ ਦੇ ਹੇਠ ਨਹਿਰਾਂ ਵਗ ਰਹੀਆਂ ਹੋਣਗੀਆਂ, ਜੋ ਵੀ ਉਹ ਇੱਛਾ ਕਰਨਗੇ ਉਹ ਉੱਥੇ ਉਹੀਓ

جَنَّاتُ عَدْنٍ يَدْخُلُونَهَا تَجْرِي مِن تَحْتِهَا
الْأَنْهَارُ ۖ لَهُمْ فِيهَا مَا يَشَاءُونَ ۚ كَذَٰلِكَ
يَجْزِي اللَّهُ الْمُتَّقِينَ ﴿٣١﴾

ਪ੍ਰਾਪਤ ਕਰਨਗੇ। ਪਰਹੇਜ਼ਗਾਰਾਂ ਨੂੰ ਅੱਲਾਹ ਇੰਜ ਹੀ ਵਧੀਆ ਬਦਲਾ ਦਿੰਦਾ ਹੈ।

32. ਜਿਨ੍ਹਾਂ ਦੇ ਪ੍ਰਾਣ ਫ਼ਰਿਸ਼ਤੇ ਪਵਿੱਤਰਤਾ (ਭਾਵ ਈਮਾਨ) ਦੀ ਹਾਲਤ ਵਿਚ ਕੱਢਦੇ ਹਨ (ਉਹਨਾਂ ਨੂੰ ਫ਼ਰਿਸ਼ਤੇ) ਆਖਦੇ ਹਨ ਕਿ ਤੁਹਾਡੇ ਲਈ ਸਲਾਮਤੀ ਹੀ ਸਲਾਮਤੀ ਹੈ, ਤੁਸੀਂ ਸਵਰਗ ਵਿਚ ਪ੍ਰਵੇਸ਼ ਕਰ ਜਾਓ, ਆਪਣੇ ਉਹਨਾਂ (ਨੇਕ) ਕੰਮਾਂ ਦੇ ਬਦਲੇ ਜੋ ਤੁਸੀਂ ਕਰਦੇ ਸੀ।

الَّذِينَ تَتَوَفَّاهُمُ الْمَلَائِكَةُ طَيِّبِينَ ۙ يَقُولُونَ
سَلَامٌ عَلَيْكُمُ ۙ ادْخُلُوا الْجَنَّةَ بِمَا كُنْتُمْ
تَعْمَلُونَ ﴿٣٢﴾

33. ਕੀ ਇਹ (ਕਾਫ਼ਿਰ) ਇਸ ਗੱਲ ਦੀ ਉਡੀਕ ਕਰ ਰਹੇ ਹਨ ਕਿ ਇਹਨਾਂ ਕੋਲ (ਇਹਨਾਂ ਦੀ ਜਾਨ ਕੱਢਣ ਲਈ) ਫ਼ਰਿਸ਼ਤੇ ਆਉਣ ਜਾਂ (ਅਜ਼ਾਬ ਲਈ) ਤੁਹਾਡੇ ਰੱਬ ਦਾ ਹੁਕਮ ਆ ਜਾਵੇ। ਇੰਜ ਹੀ ਉਹਨਾਂ ਲੋਕਾਂ ਨੇ ਵੀ ਕੀਤਾ ਸੀ ਜਿਹੜੇ ਇਹਨਾਂ ਤੋਂ ਪਹਿਲਾਂ ਸੀ। ਅੱਲਾਹ ਨੇ ਉਹਨਾਂ 'ਤੇ ਕੋਈ ਜ਼ੁਲਮ ਨਹੀਂ ਸੀ ਕੀਤਾ, ਸਗੋਂ ਉਹ ਤਾਂ ਆਪਣੀਆਂ ਜਾਨਾਂ ਉੱਤੇ ਹੀ ਜ਼ੁਲਮ ਕਰਦੇ ਸਨ।

هَلْ يَنْظُرُونَ إِلَّا أَنْ تَأْتِيَهُمُ الْمَلَائِكَةُ أَوْ يَأْتِيَ
أَمْرُ رَبِّكَ ۚ كَذَٰلِكَ فَعَلَ الَّذِينَ مِنْ قَبْلِهِمْ ۚ وَمَا
ظَلَمَهُمُ اللَّهُ وَلَٰكِنْ كَانُوا أَنْفُسَهُمْ يَظْلِمُونَ ﴿٣٣﴾

34. ਸੋ ਉਹਨਾਂ (ਇਨਕਾਰੀਆਂ) ਨੂੰ ਉਹਨਾਂ ਦੀਆਂ ਭੈੜੀਆਂ ਕਰਤੂਤਾਂ ਦੇ ਭੈੜੇ ਬਦਲੇ ਮਿਲ ਗਏ ਅਤੇ ਜਿਸ (ਅਜ਼ਾਬ) ਦਾ ਉਹ ਮਖ਼ੌਲ ਉਡਾਇਆ ਕਰਦੇ ਸੀ, ਉਸੇ ਨੇ ਉਹਨਾਂ ਨੂੰ ਘੇਰ ਲਿਆ।

فَأَصَابَهُمْ سَيِّئَاتُ مَا عَمِلُوا وَحَاقَ بِهِمْ
مَا كَانُوا بِهِ يَسْتَهْزِئُونَ ﴿٣٤﴾

35. ਮੁਸ਼ਰਿਕਾਂ ਨੇ ਆਖਿਆ ਕਿ ਜੇ ਅੱਲਾਹ ਚਾਹੁੰਦਾ ਤਾਂ ਨਾ ਹੀ ਅਸੀਂ ਤੇ ਨਾ ਹੀ ਸਾਡੇ ਬਾਪ ਦਾਦਾ ਉਸ (ਅੱਲਾਹ) ਤੋਂ ਛੁੱਟ ਕਿਸੇ ਹੋਰ ਦੀ ਇਬਾਦਤ ਕਰਦੇ ਅਤੇ ਨਾ ਉਹ (ਅੱਲਾਹ) ਦੇ ਹੁਕਮ ਤੋਂ ਬਿਨਾਂ ਕਿਸੇ ਚੀਜ਼ ਨੂੰ ਹਰਾਮ ਸਮਝਦੇ। ਇਹੋ ਵਤੀਰਾ ਇਹਨਾਂ ਤੋਂ ਪਹਿਲਾਂ ਦੇ ਲੋਕਾਂ ਦਾ ਵੀ ਰਿਹਾ ਹੈ। ਸੋ ਰਸੂਲਾਂ ਦੇ ਜ਼ਿੰਮੇ ਸਪਸ਼ਟ ਰੂਪ ਵਿਚ ਪੈਗ਼ਾਮ ਪਹੁੰਚਾਉਣਾ ਹੈ।

وَقَالَ الَّذِينَ أَشْرَكُوا لَوْ شَاءَ اللَّهُ مَا عَبَدْنَا مِنْ
دُونِهِ مِنْ شَيْءٍ نَحْنُ وَلَا آبَاؤُنَا وَلَا حَرَّمْنَا مِنْ
دُونِهِ مِنْ شَيْءٍ ۚ كَذَٰلِكَ فَعَلَ الَّذِينَ مِنْ قَبْلِهِمْ ۚ
فَهَلْ عَلَى الرُّسُلِ إِلَّا الْبَلَاغُ الْمُبِينُ ﴿٣٥﴾

وَلَقَدْ بَعَثْنَا فِي كُلِّ أُمَّةٍ رَّسُولًا أَنِ اعْبُدُوا اللَّهَ وَاجْتَنِبُوا الطَّاغُوتَ ۖ فَمِنْهُم مَّنْ هَدَى اللَّهُ وَمِنْهُم مَّنْ حَقَّتْ عَلَيْهِ الضَّلَالَةُ ۚ فَسِيرُوا فِي الْأَرْضِ فَانظُرُوا كَيْفَ كَانَ عَاقِبَةُ الْمُكَذِّبِينَ ﴿٣٦﴾

36. ਅਸੀਂ ਹਰ ਉੱਮਤ ਵਿਚ ਇਕ ਰਸੂਲ (ਇਹ ਦੱਸਣ ਲਈ) ਭੇਜਿਆ ਕਿ ਕੇਵਲ ਇਕ ਅੱਲਾਹ ਦੀ ਹੀ ਬੰਦਗੀ ਕਰੋ ਅਤੇ ਤਾਗ਼ੂਤ[1] ਤੋਂ ਬਚੋ। ਫੇਰ ਇਹਨਾਂ ਵਿੱਚੋਂ ਕੁੱਝ ਲੋਕਾਂ ਨੂੰ ਤਾਂ ਅੱਲਾਹ ਨੇ ਹਿਦਾਇਤ ਬਖ਼ਸ਼ ਦਿੱਤੀ ਅਤੇ ਕੁੱਝ 'ਤੇ ਗੁਮਰਾਹੀ ਛਾ ਗਈ। ਸੋ ਤੁਸੀਂ ਆਪ ਹੀ ਧਰਤੀ 'ਤੇ ਘੁੰਮ-ਫਿਰ ਕੇ ਵੇਖ ਲਵੋ ਕਿ (ਪੈਗ਼ੰਬਰਾਂ ਨੂੰ) ਝੁਠਲਾਉਣ ਵਾਲਿਆਂ ਦਾ ਅੰਤ ਕਿਹੋ ਜਿਹਾ ਹੋਇਆ ਸੀ।

إِن تَحْرِصْ عَلَىٰ هُدَاهُمْ فَإِنَّ اللَّهَ لَا يَهْدِي مَن يُضِلُّ ۖ وَمَا لَهُم مِّن نَّاصِرِينَ ﴿٣٧﴾

37. (ਹੇ ਨਬੀ ਸ:!) ਭਾਵੇਂ ਤੁਸੀਂ ਇਹਨਾਂ ਲੋਕਾਂ ਦੀ ਹਿਦਾਇਤ ਲਈ ਕਿੰਨੇ ਹੀ ਚਾਹਵਾਨ ਹੋਵੋ,[2] ਪਰ ਜਿਸ ਨੂੰ ਅੱਲਾਹ ਕੁਰਾਹੇ ਪਾ ਦੇਵੇ ਫੇਰ ਉਸ ਲਈ ਹਿਦਾਇਤ ਨਹੀਂ ਅਤੇ ਨਾ ਹੀ ਉਹਨਾਂ ਦਾ ਕੋਈ ਸਹਾਈ ਹੁੰਦਾ ਹੈ।

وَأَقْسَمُوا بِاللَّهِ جَهْدَ أَيْمَانِهِمْ ۙ لَا يَبْعَثُ اللَّهُ مَن يَمُوتُ ۚ بَلَىٰ وَعْدًا عَلَيْهِ حَقًّا وَلَٰكِنَّ أَكْثَرَ النَّاسِ لَا يَعْلَمُونَ ﴿٣٨﴾

38. ਉਹ ਲੋਕੀ ਅੱਲਾਹ ਦੀਆਂ ਪੱਕੀਆਂ ਸੌਂਹਾਂ ਖਾ ਕੇ ਆਖਦੇ ਹਨ ਕਿ ਅੱਲਾਹ ਮੁਰਦਿਆਂ ਨੂੰ ਮੁੜ ਜੀਉਂਦਾ ਨਹੀਂ ਕਰੇਗਾ। ਹੇ ਨਬੀ! ਆਖ ਦਿਓ, ਕਿਉਂ ਨਹੀਂ (ਕਰੇਗਾ)? ਇਹ ਉਸ ਦਾ ਸੱਚਾ ਵਾਅਦਾ ਹੈ। ਪਰ ਵਧੇਰੇ ਲੋਕ ਇਸ ਨੂੰ ਜਾਣਦੇ ਵੀ ਨਹੀਂ

لِيُبَيِّنَ لَهُمُ الَّذِي يَخْتَلِفُونَ فِيهِ وَلِيَعْلَمَ الَّذِينَ كَفَرُوا أَنَّهُمْ كَانُوا كَاذِبِينَ ﴿٣٩﴾

39. ਅਜਿਹਾ ਹੋਣਾ ਇਸ ਲਈ ਜ਼ਰੂਰੀ ਹੈ ਕਿ ਲੋਕੀ ਜਿਸ ਚੀਜ਼ (ਕਿਆਮਤ) ਵਿਚ ਮਤਭੇਦ ਰੱਖਦੇ ਸਨ ਉਸ ਨੂੰ ਅੱਲਾਹ ਸਪਸ਼ਟ ਕਰ ਦੇਵੇ ਅਤੇ ਕਾਫ਼ਿਰਾਂ ਨੂੰ ਪਤਾ ਲੱਗ ਜਾਵੇ ਕਿ ਉਹੀ ਝੂਠੇ ਸਨ।

---

[1] ਤਾਗ਼ੂਤ ਲਈ ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 257/2

[2] ਹਦੀਸ ਵਿਚ ਆਪ (ਸ:) ਦੀ ਇਸ ਇੱਛਾ ਤੇ ਕੋਸ਼ਿਸ਼ ਨੂੰ ਇੰਜ ਬਿਆਨ ਕੀਤਾ ਗਿਆ ਹੈ ਕਿ ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ ਮੇਰੀ ਅਤੇ ਲੋਕਾਂ ਦੀ ਉਦਾਹਰਨ ਐਵੇਂ ਹੈ ਜਿਵੇਂ ਕਿਸੇ ਨੇ ਅੱਗ ਬਾਲੀ ਹੋਵੇ ਜਦੋਂ ਅੱਗ ਨੇ ਆਪਣੇ ਆਲੇ-ਦੁਆਲੇ ਨੂੰ ਰੋਸ਼ਨ ਕਰ ਦਿੱਤਾ ਤਾਂ ਪਤੰਗੇ ਜਿਹੜੇ ਅੱਗ ਵਿਚ ਡਿਗਦੇ ਹਨ ਉਸ ਵਿਚ ਡਿਗਣ ਲੱਗ ਪਏ ਤਾਂ ਉਹ ਆਦਮੀ ਉਹਨਾਂ ਪਤੰਗਿਆਂ ਨੂੰ ਡਿਗਣ ਤੋਂ ਰੋਕਦਾ ਹੈ ਪਰ ਉਹ ਪਤੰਗੇ ਆਦਮੀ 'ਤੇ ਭਾਰੂ ਹੋਕੇ ਅੱਗ ਵਿਚ ਡਿਗਦੇ ਰਹਿੰਦੇ ਹਨ। ਨਬੀ (ਸ:) ਫ਼ਰਮਾਇਆ, ਇੰਜ ਹੀ ਮੈਂ ਵੀ ਤੁਹਾਨੂੰ ਤੁਹਾਡੇ ਲੱਕਾਂ ਤੋਂ ਫੜ ਕੇ ਅੱਗ ਤੋਂ ਰੋਕ ਰਿਹਾ ਹਾਂ ਪਰ ਤੁਸੀਂ ਹੋ ਕਿ ਅੱਗ ਵਿਚ ਡਿਗਣ ਲਈ ਜ਼ਿਦ ਕਰ ਰਹੇ ਹੋ। (ਸਹੀ ਬੁਖ਼ਾਰੀ, ਹਦੀਸ: 6483)

إِنَّمَا قَوْلُنَا لِشَيْءٍ إِذَا أَرَدْنَاهُ أَنْ نَقُولَ لَهُ
كُنْ فَيَكُونُ (40)

40. ਜਦੋਂ ਅਸੀਂ ਕਿਸੇ ਚੀਜ਼ (ਨੂੰ ਹੋਂਦ ਵਿਚ ਲਿਆਉਣ) ਦਾ ਇਰਾਦਾ ਕਰ ਲਈਏ ਤਾਂ ਉਸ ਲਈ ਸਾਡਾ ਕਹਿਣਾ ਇਹੋ ਹੁੰਦਾ ਹੈ ਕਿ 'ਹੋ ਜਾ' ਤਾਂ ਉਹ ਹੋ ਜਾਂਦਾ ਹੈ।

وَالَّذِينَ هَاجَرُوا فِي اللَّهِ مِنْ بَعْدِ مَا ظُلِمُوا
لَنُبَوِّئَنَّهُمْ فِي الدُّنْيَا حَسَنَةً ۖ وَلَأَجْرُ الْآخِرَةِ أَكْبَرُ ۚ
لَوْ كَانُوا يَعْلَمُونَ (41)

41 ਜਿਨ੍ਹਾਂ ਲੋਕਾਂ ਨੇ ਜ਼ੁਲਮ ਸਹਿਣ ਮਗਰੋਂ ਅੱਲਾਹ ਦੀ ਰਾਹ ਵਿਚ ਹਿਜਰਤ ਕੀਤੀ (ਭਾਵ ਘਰ-ਬਾਰ ਛੱਡੇ) ਤਾਂ ਅਸੀਂ ਉਹਨਾਂ ਨੂੰ ਸੰਸਾਰ ਵਿਚ ਵੀ ਵਧੀਆ ਟਿਕਾਣਾ ਬਖ਼ਸ਼ਾਂਗੇ ਅਤੇ ਆਖ਼ਿਰਤ (ਪਰਲੋਕ) ਦਾ ਸਵਾਬ (ਬਦਲਾ) ਤਾਂ ਬਹੁਤ ਹੀ ਵੱਡਾ ਹੈ। ਕਾਸ਼! ਕਿ ਲੋਕੀ ਇਸ ਤੋਂ ਜਾਣੂ ਹੁੰਦੇ।

الَّذِينَ صَبَرُوا وَعَلَىٰ رَبِّهِمْ يَتَوَكَّلُونَ (42)

42. ਇਹ ਉਹ ਲੋਕ ਹਨ ਜਿਨ੍ਹਾਂ ਨੇ ਸਬਰ ਤੋਂ ਕੰਮ ਲਿਆ ਅਤੇ ਉਹ ਆਪਣੇ ਪਾਲਣਹਾਰ 'ਤੇ ਭਰੋਸਾ ਕਰਦੇ ਹਨ।

وَمَا أَرْسَلْنَا مِنْ قَبْلِكَ إِلَّا رِجَالًا نُوحِي إِلَيْهِمْ ۚ
فَاسْأَلُوا أَهْلَ الذِّكْرِ إِنْ كُنْتُمْ لَا تَعْلَمُونَ (43)

43 (ਹੇ ਨਬੀ!) ਤੁਹਾਥੋਂ ਪਹਿਲਾਂ ਵੀ ਅਸੀਂ ਪੁਰਸ਼ ਹੀ (ਨਬੀ) ਭੇਜੇ ਸਨ। ਅਸੀਂ ਉਹਨਾਂ ਵੱਲ ਵਹੀ (ਰੱਬੀ ਸੰਦੇਸ਼) ਭੇਜਦੇ ਸੀ। ਜੇ ਤੁਸੀਂ ਨਹੀਂ ਜਾਣਦੇ ਤਾਂ ਜਿਹੜੇ ਗਿਆਨ ਰੱਖਦੇ ਹਨ ਉਹਨਾਂ ਨੂੰ ਪੁੱਛ ਲਵੋ।

بِالْبَيِّنَاتِ وَالزُّبُرِ ۗ وَأَنْزَلْنَا إِلَيْكَ الذِّكْرَ لِتُبَيِّنَ
لِلنَّاسِ مَا نُزِّلَ إِلَيْهِمْ وَلَعَلَّهُمْ يَتَفَكَّرُونَ (44)

44 (ਅਸਾਂ ਉਹਨਾਂ ਨਬੀਆਂ ਨੂੰ) ਖੁੱਲ੍ਹੀਆਂ ਦਲੀਲਾਂ ਤੇ ਕਿਤਾਬਾਂ ਦੇ ਕੇ ਘੱਲਿਆ ਸੀ ਅਤੇ ਅਸੀਂ ਹੁਣ ਤੁਹਾਡੇ ਉੱਤੇ (ਹੇ ਨਬੀ!) ਇਹ ਜ਼ਿਕਰ (ਭਾਵ ਕੁਰਆਨ) ਉਤਾਰਿਆ ਹੈ ਤਾਂ ਜੋ ਤੁਸੀਂ ਲੋਕਾਂ ਦੇ ਸਾਹਮਣੇ, ਜੋ ਉਹਨਾਂ ਲਈ ਉਤਾਰਿਆ ਗਿਆ ਹੈ, ਉਸ ਨੂੰ ਖੋਲ੍ਹ-ਖੋਲ੍ਹ ਕੇ (ਵਿਸਥਾਰ ਨਾਲ) ਬਿਆਨ ਕਰੋ ਤਾਂ ਜੋ ਉਹ ਸੋਚ ਵਿਚਾਰ ਕਰ ਸਕਣ।

أَفَأَمِنَ الَّذِينَ مَكَرُوا السَّيِّئَاتِ أَنْ يَخْسِفَ اللَّهُ
بِهِمُ الْأَرْضَ أَوْ يَأْتِيَهُمُ الْعَذَابُ مِنْ حَيْثُ
لَا يَشْعُرُونَ (45)

45 (ਪੈਗ਼ੰਬਰਾਂ ਵਿਰੁੱਧ) ਭੈੜੀਆਂ ਚਾਲਾਂ ਚੱਲਣ ਵਾਲੇ ਕੀ ਇਸ ਗੱਲੋਂ ਨਿਡਰ ਹੋ ਗਏ ਹਨ ਕਿ ਅੱਲਾਹ ਉਹਨਾਂ ਨੂੰ ਧਰਤੀ ਵਿਚ ਧੱਸਾ ਦੇਵੇ ਜਾਂ

ਉਹਨਾਂ 'ਤੇ ਅਜਿਹੇ ਪਾਸਿਓਂ ਅਜ਼ਾਬ ਆ ਜਾਵੇ, ਜਿਧਰੋਂ ਉਹ ਸੋਚ ਵੀ ਨਹੀਂ ਸਕਦੇ।

46. ਜਾਂ ਉਹਨਾਂ ਨੂੰ ਤੁਰਦੇ-ਫਿਰਦਿਆਂ ਹੀ ਨੱਪ ਲਵੇ। ਫੇਰ ਉਹ ਅੱਲਾਹ ਨੂੰ ਬੇਵਸ ਕਰਨ ਵਾਲੇ ਨਹੀਂ।

أَوْ يَأْخُذَهُمْ فِي تَقَلُّبِهِمْ فَمَا هُم بِمُعْجِزِينَ ﴿٤٦﴾

47. ਜਾਂ ਉਹਨਾਂ (ਕਾਫ਼ਿਰਾਂ) ਨੂੰ ਡਰ ਖ਼ੌਫ਼ ਦੀ ਅਵਸਥਾ ਵਿਚ ਫੜ ਲਵੇ। ਸੱਚੀ ਗੱਲ ਤਾਂ ਇਹ ਹੈ ਕਿ ਤੁਹਾਡਾ ਰੱਬ ਬਹੁਤ ਹੀ ਨਰਮ ਸੁਭਾਅ ਵਾਲਾ ਤੇ ਮਿਹਰਬਾਨ ਹੈ।

أَوْ يَأْخُذَهُمْ عَلَىٰ تَخَوُّفٍ فَإِنَّ رَبَّكُمْ لَرَءُوفٌ رَّحِيمٌ ﴿٤٧﴾

48. ਕੀ ਇਹ ਲੋਕ ਅੱਲਾਹ ਦੀਆਂ ਸਾਜੀਆਂ ਹੋਈਆਂ ਚੀਜ਼ਾਂ ਨੂੰ ਨਹੀਂ ਵੇਖਦੇ ਕਿ ਉਹਨਾਂ ਦੇ ਪਰਛਾਵੇਂ ਕਿਵੇਂ ਸੱਜੇ ਖੱਬੇ ਝੁਕਦੇ ਹਨ? ਅੱਲਾਹ ਦੀ ਹਜ਼ੂਰੀ ਵਿਚ ਸਿਜਦਾ ਕਰਦੇ ਹਨ ਅਤੇ ਉਸ ਦੇ ਅੱਗੇ ਉਹ ਸਾਰੇ ਹੀ ਨਿਮਾਣੇ ਹਨ?

أَوَلَمْ يَرَوْا إِلَىٰ مَا خَلَقَ اللَّهُ مِن شَيْءٍ يَتَفَيَّأُ ظِلَالُهُ عَنِ الْيَمِينِ وَالشَّمَائِلِ سُجَّدًا لِّلَّهِ وَهُمْ دَاخِرُونَ ﴿٤٨﴾

49. ਧਰਤੀ ਤੇ ਅਕਾਸ਼ ਦੇ ਸਾਰੇ ਹੀ ਜੀਵ ਜੰਤੂ ਤੇ ਸਾਰੇ ਫ਼ਰਿਸ਼ਤੇ ਅੱਲਾਹ ਦੇ ਅੱਗੇ ਸੀਸ ਝੁਕਾਉਂਦੇ ਹਨ ਅਤੇ ਉਹ ਤਕੱਬਰ (ਘਮੰਡ) ਨਹੀਂ ਕਰਦੇ।

وَلِلَّهِ يَسْجُدُ مَا فِي السَّمَاوَاتِ وَمَا فِي الْأَرْضِ مِن دَابَّةٍ وَالْمَلَائِكَةُ وَهُمْ لَا يَسْتَكْبِرُونَ ﴿٤٩﴾

50. ਅਤੇ ਜਿਹੜਾ ਰੱਬ ਉਹਨਾਂ ਸਭ ਦੇ ਉੱਪਰ ਹੈ ਉਸ ਤੋਂ ਡਰਦੇ ਰਹਿੰਦੇ ਹਨ ਅਤੇ ਜੋ ਵੀ ਹੁਕਮ ਮਿਲਦਾ ਹੈ ਉਸ ਦੀ ਪਾਲਣਾ ਕਰਦੇ ਹਨ।

يَخَافُونَ رَبَّهُم مِّن فَوْقِهِمْ وَيَفْعَلُونَ مَا يُؤْمَرُونَ ﴿٥٠﴾

51. ਅੱਲਾਹ ਦਾ ਫ਼ਰਮਾਨ ਹੈ ਕਿ ਦੋ ਇਸ਼ਟ ਨਾ ਬਣਾਓ, ਇਸ਼ਟ ਤਾਂ ਇੱਕੋ ਇਕੱਲਾ ਉਹੀਓ (ਅੱਲਾਹ) ਹੈ,[1] ਸੋ ਤੁਸੀਂ ਸਾਰੇ ਮੈਥੋਂ ਹੀ ਡਰੋ।

وَقَالَ اللَّهُ لَا تَتَّخِذُوا إِلَٰهَيْنِ اثْنَيْنِ ۖ إِنَّمَا هُوَ إِلَٰهٌ وَاحِدٌ ۖ فَإِيَّايَ فَارْهَبُونِ ﴿٥١﴾

52. ਅਕਾਸ਼ਾਂ ਤੇ ਧਰਤੀ ਵਿਚ ਜੋ ਕੁੱਝ ਵੀ ਹੈ, ਉਹ ਸਭ ਉਸੇ ਦਾ ਹੀ ਹੈ ਅਤੇ ਉਸੇ (ਦੇ ਹੁਕਮਾਂ) ਦੀ

وَلَهُ مَا فِي السَّمَاوَاتِ وَالْأَرْضِ وَلَهُ الدِّينُ وَاصِبًا ۚ أَفَغَيْرَ اللَّهِ تَتَّقُونَ ﴿٥٢﴾

[1] ਵੇਖੋ ਸੂਰਤ ਅਨ-ਨਿਸਾ, ਹਾਸ਼ੀਆ ਆਇਤ 171/4

ਪਾਲਣਾ ਸਦੀਵੀ ਹੈ। ਕੀ ਤੁਸੀਂ ਉਸ ਅੱਲਾਹ ਨੂੰ ਛੱਡ ਕੇ ਹੋਰਾਂ ਤੋਂ ਡਰਦੇ ਹੋ?

53. ਤੁਹਾਡੇ ਕੋਲ ਜਿਹੜੀਆਂ ਵੀ ਨਿਆਮਤਾਂ ਹਨ, ਉਹ ਸਭ ਅੱਲਾਹ ਵੱਲੋਂ ਹੀ ਬਖ਼ਸ਼ੀਆਂ ਹੋਈਆਂ ਹਨ। ਜਦੋਂ ਵੀ ਤੁਹਾਨੂੰ ਕੋਈ ਬਿਪਤਾ ਆ ਪੈਂਦੀ ਹੈ ਤਾਂ ਤੁਸੀਂ ਉਸੇ ਨੂੰ ਹੀ ਬੇਨਤੀਆਂ ਕਰਦੇ ਹੋ।

وَمَا بِكُم مِّن نِّعْمَةٍ فَمِنَ اللَّهِ ثُمَّ إِذَا مَسَّكُمُ الضُّرُّ فَإِلَيْهِ تَجْأَرُونَ ﴿٥٣﴾

54. ਅਤੇ ਜਿਵੇਂ ਹੀ ਉਹ ਤੁਹਾਡੀ ਬਿਪਤਾ ਨੂੰ ਦੂਰ ਕਰਦਾ ਹੈ, ਫੇਰ ਤੁਹਾਡੇ ਵਿੱਚੋਂ ਕੁੱਝ ਲੋਕ ਅੱਲਾਹ ਦੇ ਨਾਲ ਦੂਜਿਆਂ ਨੂੰ (ਬਿਪਤਾ ਦੂਰ ਕਰਨ ਵਿਚ) ਸ਼ਰੀਕ ਕਰਨ ਲੱਗ ਜਾਂਦੇ ਹਨ।

ثُمَّ إِذَا كَشَفَ الضُّرَّ عَنكُمْ إِذَا فَرِيقٌ مِّنكُم بِرَبِّهِمْ يُشْرِكُونَ ﴿٥٤﴾

55. ਅਤੇ ਸਾਡੀਆਂ ਦਿੱਤੀਆਂ ਹੋਈਆਂ ਨਿਆਮਤਾਂ ਦੀ ਨਾ-ਸ਼ੁਕਰੀ ਕਰਨ ਲੱਗ ਜਾਂਦੇ ਹਨ, ਚੰਗਾ ਜਿੰਨਾ ਲਾਭ ਉਠਾਉਣਾ ਹੈ ਉਠਾ ਲਵੋ, ਤੁਹਾਨੂੰ ਛੇਤੀ ਹੀ ਪਤਾ ਲੱਗ ਜਾਵੇਗਾ (ਜੋ ਤੁਸੀਂ ਕਰਦੇ ਸੀ)।

لِيَكْفُرُوا بِمَا آتَيْنَاهُمْ فَتَمَتَّعُوا فَسَوْفَ تَعْلَمُونَ ﴿٥٥﴾

56. ਅਸੀਂ ਇਹਨਾਂ (ਮੁਸ਼ਰਿਕਾਂ) ਨੂੰ ਜੋ ਵੀ ਰਿਜ਼ਕ ਬਖ਼ਸ਼ਿਆ ਹੈ, ਇਹ ਉਸ ਵਿੱਚੋਂ ਉਹਨਾਂ (ਝੂਠੇ ਇਸ਼ਟਾਂ) ਦਾ ਹਿੱਸਾ ਨਿਸ਼ਚਿਤ ਕਰਦੇ ਹਨ ਜਿਨ੍ਹਾਂ ਨੂੰ ਇਹ ਜਾਣਦੇ ਵੀ ਨਹੀਂ। ਅੱਲਾਹ ਦੀ ਸਹੁੰ। ਤੁਹਾਡੇ ਇਸ ਝੂਠ ਘੜ੍ਹਨ ਦਾ ਤੁਹਾਥੋਂ ਜ਼ਰੂਰ ਹੀ ਪੁੱਛ-ਗਿੱਛ ਕੀਤੀ ਜਾਵੇਗੀ।

وَيَجْعَلُونَ لِمَا لَا يَعْلَمُونَ نَصِيبًا مِّمَّا رَزَقْنَاهُمْ تَاللَّهِ لَتُسْأَلُنَّ عَمَّا كُنتُمْ تَفْتَرُونَ ﴿٥٦﴾

57. ਇਹ (ਕਾਫ਼ਿਰ) ਅੱਲਾਹ ਲਈ ਤਾਂ ਧੀਆਂ ਠਹਿਰਾਉਂਦੇ ਹਨ, ਜਦ ਕਿ ਅੱਲਾਹ (ਔਲਾਦ ਤੋਂ) ਪਾਕ ਹੈ। ਅਤੇ ਆਪਣੇ ਲਈ ਉਹ ਜੋ ਉਹ ਇੱਛਾ ਕਰਨ (ਭਾਵ ਪੁੱਤਰ)।

وَيَجْعَلُونَ لِلَّهِ الْبَنَاتِ سُبْحَانَهُ وَلَهُم مَّا يَشْتَهُونَ ﴿٥٧﴾

58. ਜਦੋਂ ਇਹਨਾਂ ਵਿਚ ਕਿਸੇ ਨੂੰ ਧੀ ਹੋਣ ਦੀ ਖ਼ੁਸ਼ਖ਼ਬਰੀ ਦਿੱਤੀ ਜਾਂਦੀ ਹੈ ਤਾਂ ਦੁਖ ਤੇ ਅਫ਼ਸੋਸ

وَإِذَا بُشِّرَ أَحَدُهُم بِالْأُنثَىٰ ظَلَّ وَجْهُهُ مُسْوَدًّا وَهُوَ كَظِيمٌ ﴿٥٨﴾

ਕਾਰਨ ਉਸ ਦੇ ਮੂੰਹ 'ਤੇ ਕਾਲਸ ਛਾ ਜਾਂਦੀ ਹੈ (ਭਾਵ ਮੁਰਝਾ ਜਾਂਦਾ ਹੈ) ਅਤੇ ਉਹ ਦਿਲ ਹੀ ਦਿਲ ਵਿਚ ਘੁਟਣ ਮਹਿਸੂਸ ਕਰਦਾ ਹੈ।

59. ਇਸ (ਮਾੜੀ) ਖ਼ਬਰ ਕਾਰਨ, ਜਿਸ ਦੀ ਉਸ ਨੂੰ ਖ਼ੁਸ਼ਖ਼ਬਰੀ ਸੁਣਾਈ ਗਈ ਸੀ, ਲੋਕਾਂ ਤੋਂ ਲੁਕਦਾ ਫਿਰਦਾ ਹੈ, (ਸੋਚਦਾ ਹੈ) ਕੀ ਮੈਂ ਅਪਮਾਨਿਤ ਹੋਣ ਦੇ ਬਾਵਜੂਦ ਇਸ ਨੂੰ ਜਿਊਂਦਾ ਰੱਖਾਂ ਜਾਂ ਧਰਤੀ ਵਿਚ (ਜਿਊਂਦਾ ਹੀ) ਦੱਬ ਦੇਵਾਂ?[1] ਵੇਖੋ! ਉਹ ਅੱਲਾਹ ਬਾਰੇ ਕਿੰਨਾ ਭੈੜਾ ਫ਼ੈਸਲਾ ਕਰ ਰਹੇ ਹਨ (ਕਿ ਉਸ ਦੇ ਧੀਆਂ ਹੋਣ)।

يَتَوَارَىٰ مِنَ الْقَوْمِ مِن سُوءِ مَا بُشِّرَ بِهِ ۚ
أَيُمْسِكُهُ عَلَىٰ هُونٍ أَمْ يَدُسُّهُ فِي التُّرَابِ ۗ
أَلَا سَاءَ مَا يَحْكُمُونَ ﴿٥٩﴾

60. ਜਿਹੜੇ ਲੋਕ ਆਖ਼ਿਰਤ 'ਤੇ ਵਿਸ਼ਵਾਸ ਨਹੀਂ ਰੱਖਦੇ ਉਹਨਾਂ ਲਈ ਬਹੁਤ ਹੀ ਭੈੜੀ ਮਿਸਾਲ ਹੈ, ਜਦ ਕਿ ਅੱਲਾਹ ਲਈ ਤਾਂ ਬਹੁਤ ਹੀ ਉੱਚੀਆਂ ਮਿਸਾਲਾਂ ਹਨ। ਉਹ ਬਹੁਤ ਹੀ ਜ਼ੋਰਾਵਰ ਅਤੇ ਹਿਕਮਤਾਂ (ਦਾਨਾਈ) ਵਾਲਾ ਹੈ।

لِلَّذِينَ لَا يُؤْمِنُونَ بِالْآخِرَةِ مَثَلُ السَّوْءِ ۖ
وَلِلَّهِ الْمَثَلُ الْأَعْلَىٰ ۚ وَهُوَ الْعَزِيزُ الْحَكِيمُ ﴿٦٠﴾

61. ਜੇ ਅੱਲਾਹ ਲੋਕਾਂ ਵੱਲੋਂ ਕੀਤੇ ਜ਼ੁਲਮਾਂ (ਪਾਪਾਂ) 'ਤੇ ਤੁਰੰਤ ਹੀ ਫੜ ਲੈਂਦਾ ਤਾਂ ਧਰਤੀ 'ਤੇ ਚੱਲਣ ਵਾਲਾ ਇਕ ਵੀ ਪ੍ਰਾਣੀ ਨੂੰ ਨਾ ਛੱਡਦਾ। ਪਰ ਉਹ (ਅੱਲਾਹ) ਤਾਂ ਉਹਨਾਂ ਸਭ ਨੂੰ ਇਕ ਨਿਸ਼ਚਿਤ ਸਮੇਂ ਤੀਕ ਲਈ ਢਿੱਲ ਦਿੰਦਾ ਹੈ, ਫੇਰ ਜਦੋਂ ਉਹਨਾਂ ਦਾ ਨਿਸ਼ਚਤ ਸਮਾਂ ਆ ਪਹੁੰਚਦਾ ਹੈ ਤਾਂ ਉਸ ਤੋਂ ਇਕ ਘੜੀ ਭਰ ਵੀ ਅੱਗੇ ਪਿੱਛੇ ਨਹੀਂ ਹੋ ਸਕਦੇ।

وَلَوْ يُؤَاخِذُ اللَّهُ النَّاسَ بِظُلْمِهِم مَّا تَرَكَ
عَلَيْهَا مِن دَابَّةٍ وَلَٰكِن يُؤَخِّرُهُمْ إِلَىٰ أَجَلٍ
مُّسَمًّى ۖ فَإِذَا جَاءَ أَجَلُهُمْ لَا يَسْتَأْخِرُونَ سَاعَةً ۖ
وَلَا يَسْتَقْدِمُونَ ﴿٦١﴾

62. ਇਹ (ਮੁਸ਼ਰਿਕ) ਅੱਲਾਹ ਲਈ ਉਹ ਚੀਜ਼ ਪਸੰਦ ਕਰਦੇ ਹਨ ਜਿਸ ਤੋਂ ਉਹ ਆਪ ਘਿਰਨਾ ਕਰਦੇ ਹਨ ਅਤੇ ਉਹਨਾਂ ਦੀਆਂ ਜ਼ੁਬਾਨਾਂ ਝੂਠ

وَيَجْعَلُونَ لِلَّهِ مَا يَكْرَهُونَ وَتَصِفُ أَلْسِنَتُهُمُ
الْكَذِبَ أَنَّ لَهُمُ الْحُسْنَىٰ ۖ لَا جَرَمَ أَنَّ لَهُمُ
النَّارَ وَأَنَّهُم مُّفْرَطُونَ ﴿٦٢﴾

---

[1] ਇਹ ਸੰਕੇਤ ਉਸ ਸਮੇਂ ਵੱਲ ਹੈ ਜਦੋਂ ਜੰਮਦੀਆਂ ਕੁੜੀਆਂ ਨੂੰ ਜਿਊਂਦੇ ਹੀ ਧਰਤੀ ਵਿਚ ਦੱਬ ਦੇਣ ਦੀ ਰਸਮ ਸੀ ਜਿਸ ਨੂੰ ਇਸਲਾਮ ਨੇ ਆ ਕੇ ਰੋਕਿਆ।

ਕਹਿੰਦੀਆਂ ਹਨ ਕਿ ਬੇਸ਼ੱਕ ਇਹਨਾਂ ਲਈ ਹੀ (ਆਖ਼ਿਰਤ ਵਿਚ) ਭਲਾਈ ਹੈ। ਅਸਲ ਵਿਚ ਇਹਨਾਂ ਲਈ ਅੱਗ ਹੈ ਅਤੇ ਉਹ ਇਸ ਨਰਕ ਵਿਚ ਸਭ ਤੋਂ ਪਹਿਲਾਂ ਭੇਜੇ ਜਾਣਗੇ।

63. ਅੱਲਾਹ ਦੀ ਕਸਮ! ਅਸੀਂ ਤੁਹਾਥੋਂ ਪਹਿਲੀਆਂ ਉੱਮਤਾਂ ਵੱਲ ਵੀ ਪੈਗ਼ੰਬਰ ਭੇਜੇ ਸੀ ਪਰੰਤੂ ਸ਼ੈਤਾਨ ਨੇ ਉਹਨਾਂ (ਇਨਕਾਰੀਆਂ) ਦੀਆਂ ਭੈੜੀਆਂ ਕਰਤੂਤਾਂ ਨੂੰ ਵੇਖਣ ਵਿਚ ਸੋਹਣਾ ਬਣਾ ਛੱਡਿਆ ਹੈ। ਅੱਜ ਵੀ ਉਹੀ (ਸ਼ੈਤਾਨ) ਉਹਨਾਂ ਦਾ ਦੋਸਤ ਹੈ ਅਤੇ ਉਹਨਾਂ ਲਈ ਦੁਖਦਾਈ ਸਜ਼ਾ ਹੈ।

تَاللّٰهِ لَقَدْ اَرْسَلْنَاۤ اِلٰۤى اُمَمٍ مِّنْ قَبْلِكَ
فَزَيَّنَ لَهُمُ الشَّيْطٰنُ اَعْمَالَهُمْ فَهُوَ
وَلِيُّهُمُ الْيَوْمَ وَلَهُمْ عَذَابٌ اَلِيْمٌ ﴿63﴾

64 (ਹੇ ਨਬੀ!) ਅਸੀਂ ਤੁਹਾਡੇ 'ਤੇ ਕਿਤਾਬ (ਕੁਰਆਨ) ਕੇਵਲ ਇਸ ਲਈ ਉਤਾਰੀ ਹੈ ਤਾਂ ਜੋ ਤੁਸੀਂ ਉਹਨਾਂ 'ਤੇ ਉਹਨਾਂ ਸਾਰੀਆਂ ਗੱਲਾਂ ਨੂੰ ਸਪਸ਼ਟ ਕਰ ਦਿਓ, ਜਿਨ੍ਹਾਂ ਵਿਚ ਇਹ ਮਤਭੇਦ ਕਰਦੇ ਹਨ ਅਤੇ ਇਹ (ਕੁਰਆਨ) ਈਮਾਨ ਵਾਲਿਆਂ ਲਈ ਹਿਦਾਇਤ ਤੇ ਰਹਿਮਤ ਹੈ।

وَمَاۤ اَنْزَلْنَا عَلَيْكَ الْكِتٰبَ اِلَّا لِتُبَيِّنَ لَهُمُ
الَّذِى اخْتَلَفُوْا فِيْهِ ۙ وَهُدًى وَّرَحْمَةً لِّقَوْمٍ
يُّؤْمِنُوْنَ ﴿64﴾

65 ਅੱਲਾਹ ਨੇ ਅਕਾਸ਼ ਤੋਂ ਪਾਣੀ ਬਰਸਾਇਆ ਅਤੇ ਇਸ ਨਾਲ ਮਰੀ ਹੋਈ ਧਰਤੀ ਨੂੰ ਮੁੜ ਸੁਰਜੀਤ ਕਰ ਦਿੱਤਾ। ਬੇਸ਼ੱਕ ਇਸ ਵਿਚ ਉਹਨਾਂ ਲੋਕਾਂ ਲਈ ਨਿਸ਼ਾਨੀਆਂ ਹਨ, ਜਿਹੜੇ (ਧਿਆਨ ਨਾਲ) ਸੁਣਦੇ ਹਨ।

وَاللّٰهُ اَنْزَلَ مِنَ السَّمَآءِ مَآءً فَاَحْيَا بِهِ الْاَرْضَ
بَعْدَ مَوْتِهَا ؕ اِنَّ فِىْ ذٰلِكَ لَاٰيَةً لِّقَوْمٍ
يَّسْمَعُوْنَ ﴿65﴾

66 ਬੇਸ਼ੱਕ ਤੁਹਾਡੇ ਲਈ (ਪਾਲਤੂ) ਜਾਨਵਰਾਂ ਵਿਚ ਵੀ ਇਕ ਸਿੱਖਿਆ ਹੈ। ਉਹਨਾਂ ਜਾਨਵਰਾਂ ਦੇ ਢਿੱਡਾਂ 'ਚੋਂ ਗੋਹੇ ਅਤੇ ਲਹੂ ਦੇ ਵਿਚਾਲਿਓਂ ਜਿਹੜਾ ਖ਼ਾਲਸ ਦੁੱਧ ਨਿੱਕਲਦਾ ਹੈ, ਅਸੀਂ ਤੁਹਾਨੂੰ ਪਿਆਉਂਦੇ ਹਾਂ, ਜਿਹੜਾ ਪੀਣ ਵਾਲਿਆਂ ਲਈ ਅਤਿਅੰਤ ਸੁਆਦਲਾ ਹੈ।

وَاِنَّ لَكُمْ فِى الْاَنْعَامِ لَعِبْرَةً ؕ نُسْقِيْكُمْ مِّمَّا
فِىْ بُطُوْنِهٖ مِنْۢ بَيْنِ فَرْثٍ وَّدَمٍ لَّبَنًا خَالِصًا
سَآئِغًا لِّلشّٰرِبِيْنَ ﴿66﴾

67. ਖਜੂਰ ਤੇ ਅੰਗੂਰ ਉਹ ਫਲ ਹਨ ਜਿਨ੍ਹਾਂ ਤੋਂ ਤੁਸੀਂ ਨਸ਼ੀਲੀਆਂ ਚੀਜ਼ਾਂ (ਸ਼ਰਾਬ) ਤੇ ਪਾਕ ਰੋਜ਼ੀ ਵੀ ਪ੍ਰਾਪਤ ਕਰਦੇ ਹੋ। ਜਿਹੜੇ ਲੋਕੀ ਅਕਲ ਰੱਖਦੇ ਹਨ ਉਹਨਾਂ ਲਈ ਇਸ ਵਿਚ ਬਹੁਤ ਨਿਸ਼ਾਨੀਆਂ ਹਨ।

وَمِنْ ثَمَرٰتِ النَّخِيْلِ وَالْاَعْنَابِ تَتَّخِذُوْنَ
مِنْهُ سَكَرًا وَّرِزْقًا حَسَنًا ؕ اِنَّ فِيْ ذٰلِكَ
لَاٰيَةً لِّقَوْمٍ يَّعْقِلُوْنَ ﴿٦٧﴾

68. ਤੁਹਾਡੇ ਰੱਬ ਨੇ ਮਧੂ ਮੱਖੀ ਵੱਲ ਇਹ ਹੁਕਮ ਘੱਲਿਆ ਕਿ ਤੂੰ ਪਹਾੜਾਂ 'ਤੇ, ਦਰਖ਼ਤਾਂ 'ਤੇ ਅਤੇ ਉਹਨਾਂ ਛੱਪਰਾਂ 'ਤੇ ਜਿਨ੍ਹਾਂ 'ਤੇ ਲੋਕੀ ਵੇਲਾਂ ਚਾੜ੍ਹਦੇ ਹਨ, ਆਪਣਾ ਘਰ (ਛੱਤਾ) ਬਣਾ।

وَاَوْحٰى رَبُّكَ اِلَى النَّحْلِ اَنِ اتَّخِذِيْ مِنَ الْجِبَالِ
بُيُوْتًا وَّمِنَ الشَّجَرِ وَمِمَّا يَعْرِشُوْنَ ﴿٦٨﴾

69. (ਹੁਕਮ ਹੋਇਆ) ਹਰ ਪ੍ਰਕਾਰ ਦੇ ਫਲਾਂ (ਤੇ ਫੁੱਲਾਂ) ਦਾ ਰਸ ਚੂਸ, ਫੇਰ ਆਪਣੇ ਪਾਲਣਹਾਰ ਦੀਆਂ ਪੱਧਰ ਰਾਹਾਂ 'ਤੇ ਤੁਰਦੀ ਰਹਿ। ਉਸ (ਮੱਖੀ) ਦੇ ਢਿੱਡੋਂ ਰੰਗ ਬਰੰਗਾ ਇਕ ਸ਼ਰਬਤ (ਸ਼ਹਿਦ) ਨਿਕਲਦਾ ਹੈ, ਜਿਸ ਵਿਚ ਲੋਕਾਂ ਲਈ ਸ਼ਿਫ਼ਾ (ਭਾਵ ਬੀਮਾਰੀਆਂ ਦਾ ਇਲਾਜ) ਹੈ। ਸੋਚ ਵਿਚਾਰ ਕਰਨ ਵਾਲਿਆਂ ਲਈ ਇਸ ਵਿਚ ਇਕ ਵੱਡੀ ਨਿਸ਼ਾਨੀ ਹੈ।

ثُمَّ كُلِيْ مِنْ كُلِّ الثَّمَرٰتِ فَاسْلُكِيْ سُبُلَ
رَبِّكِ ذُلُلًا ؕ يَخْرُجُ مِنْۢ بُطُوْنِهَا شَرَابٌ
مُّخْتَلِفٌ اَلْوَانُهٗ فِيْهِ شِفَآءٌ لِّلنَّاسِ ؕ
اِنَّ فِيْ ذٰلِكَ لَاٰيَةً لِّقَوْمٍ يَّتَفَكَّرُوْنَ ﴿٦٩﴾

70. ਅੱਲਾਹ ਨੇ ਤੁਹਾਨੂੰ ਸਭ ਨੂੰ ਪੈਦਾ ਕੀਤਾ ਹੈ ਫੇਰ ਉਹੀਓ ਤੁਹਾਨੂੰ ਮੌਤ ਦੇਵੇਗਾ ਅਤੇ ਤੁਹਾਡੇ ਵਿੱਚੋਂ ਕੋਈ ਨਿਕੰਮੀ ਉਮਰ (ਬੁਢਾਪੇ) ਨੂੰ ਪਹੁੰਚਾ ਦਿੱਤਾ ਜਾਂਦਾ ਹੈ ਤਾਂ ਜੋ ਉਹ ਜਾਣਨ ਮਗਰੋਂ ਫੇਰ ਬੁੱਝ ਨਾ ਜਾਣੇ। ਬੇਸ਼ੱਕ ਅੱਲਾਹ ਹੀ (ਪੂਰਨ) ਗਿਆਨ ਅਤੇ (ਹਰ ਤਰ੍ਹਾਂ ਦੀ) ਸਮਰਥਾ ਰੱਖਦਾ ਹੈ।

وَاللّٰهُ خَلَقَكُمْ ثُمَّ يَتَوَفّٰىكُمْ ۙ وَمِنْكُمْ مَّنْ
يُّرَدُّ اِلٰۤى اَرْذَلِ الْعُمُرِ لِكَيْ لَا يَعْلَمَ بَعْدَ عِلْمٍ
شَيْـًٔا ؕ اِنَّ اللّٰهَ عَلِيْمٌ قَدِيْرٌ ﴿٧٠﴾

71. ਅੱਲਾਹ ਨੇ ਤੁਹਾਡੇ ਵਿੱਚੋਂ ਕਈਆਂ ਨੂੰ ਕਈਆਂ 'ਤੇ ਰਿਜ਼ਕ ਦੇਣ ਵਿਚ ਵਡਿਆਈ ਬਖ਼ਸ਼ੀ ਹੈ, ਫੇਰ ਜਿਨ੍ਹਾਂ ਨੂੰ ਵਡਿਆਈ ਦੇ ਰੱਖੀ ਹੈ ਉਹ ਆਪਣੇ ਰਿਜ਼ਕ ਵਿੱਚੋਂ ਆਪਣੇ ਅਧੀਨ ਗ਼ੁਲਾਮਾਂ ਨੂੰ ਨਹੀਂ ਦਿੰਦੇ ਤਾਂ ਜੋ ਉਹ ਇਸ ਰਿਜ਼ਕ ਵਿਚ

وَاللّٰهُ فَضَّلَ بَعْضَكُمْ عَلٰى بَعْضٍ فِي الرِّزْقِ ۚ
فَمَا الَّذِيْنَ فُضِّلُوْا بِرَآدِّيْ رِزْقِهِمْ عَلٰى مَا
مَلَكَتْ اَيْمَانُهُمْ فَهُمْ فِيْهِ سَوَآءٌ ؕ
اَفَبِنِعْمَةِ اللّٰهِ يَجْحَدُوْنَ ﴿٧١﴾

ਬਰਾਬਰ ਨਾ ਹੋ ਜਾਣ। ਕੀ ਇਹ ਲੋਕ ਅੱਲਾਹ ਦੀਆਂ ਨਿਆਮਤਾਂ ਦੇ ਇਨਕਾਰੀ ਹਨ?[1]

72. ਅੱਲਾਹ ਨੇ ਤੁਹਾਡੇ ਲਈ ਤੁਹਾਡੇ ਵਿੱਚੋਂ ਹੀ ਪਤਨੀਆਂ ਬਣਾਈਆਂ ਅਤੇ ਉਸੇ ਨੇ ਤੁਹਾਡੀਆਂ ਪਤਨੀਆਂ ਤੋਂ ਤੁਹਾਡੇ ਪੁੱਤ-ਪੋਤੇ ਬਣਾਏ ਅਤੇ ਤੁਹਾਡੇ ਖਾਣ ਲਈ ਪਾਕ ਰਿਜ਼ਕ ਦਿੱਤਾ। ਕੀ ਫੇਰ ਵੀ ਉਹ ਲੋਕ ਝੂਠ ਨੂੰ ਹੀ (ਸੱਚ) ਮੰਨਣਗੇ ਅਤੇ ਅੱਲਾਹ ਵੱਲੋਂ ਬਖ਼ਸ਼ੀਆਂ ਹੋਈਆਂ ਨਿਆਮਤਾਂ ਦੀ ਨਾ-ਸ਼ੁਕਰੀ ਕਰਨਗੇ?

وَاللَّهُ جَعَلَ لَكُم مِّنْ أَنفُسِكُمْ أَزْوَاجًا وَجَعَلَ
لَكُم مِّنْ أَزْوَاجِكُم بَنِينَ وَحَفَدَةً وَرَزَقَكُم
مِّنَ الطَّيِّبَاتِ ۚ أَفَبِالْبَاطِلِ يُؤْمِنُونَ وَبِنِعْمَتِ
اللَّهِ هُمْ يَكْفُرُونَ ﴿٧٢﴾

73. ਉਹ ਅੱਲਾਹ ਨੂੰ ਛੱਡ ਕੇ ਉਹਨਾਂ ਦੀ ਬੰਦਗੀ ਕਰਦੇ ਹਨ ਜਿਨ੍ਹਾਂ ਨੂੰ ਅਕਾਸ਼ ਤੇ ਧਰਤੀ 'ਚੋਂ ਉਹਨਾਂ ਨੂੰ ਕੁੱਝ ਵੀ ਰਿਜ਼ਕ ਦੇਣ ਦਾ ਕੋਈ ਵੀ ਅਧਿਕਾਰ ਨਹੀਂ ਅਤੇ ਨਾ ਹੀ ਉਹ (ਇਸ ਦੀ) ਸਮਰਥਾ ਰਖਦੇ ਹਨ।

وَيَعْبُدُونَ مِن دُونِ اللَّهِ مَا لَا يَمْلِكُ
لَهُمْ رِزْقًا مِّنَ السَّمَاوَاتِ وَالْأَرْضِ شَيْئًا
وَلَا يَسْتَطِيعُونَ ﴿٧٣﴾

74. ਸੋ ਤੁਸੀਂ ਅੱਲਾਹ ਲਈ ਉਦਾਹਰਣਾਂ ਨਾ ਘੜੋ, ਅੱਲਾਹ ਚੰਗੀ ਤਰ੍ਹਾਂ ਜਾਣਦਾ ਹੈ ਤੁਸੀਂ ਨਹੀਂ ਜਾਣਦੇ।

فَلَا تَضْرِبُوا لِلَّهِ الْأَمْثَالَ ۚ إِنَّ اللَّهَ يَعْلَمُ
وَأَنتُمْ لَا تَعْلَمُونَ ﴿٧٤﴾

75. ਅੱਲਾਹ ਇਕ ਉਦਾਹਰਨ ਦਿੰਦਾ ਹੈ ਕਿ ਇਕ ਗ਼ੁਲਾਮ ਹੈ ਜਿਸ 'ਤੇ ਦੂਜੇ ਦਾ ਅਧਿਕਾਰ ਹੈ ਜਿਹੜਾ ਆਪ ਕੋਈ ਵੀ ਅਧਿਕਾਰ ਨਹੀਂ ਰੱਖਦਾ ਅਤੇ ਇਕ ਉਹ ਵਿਅਕਤੀ ਹੈ ਜਿਸ ਨੂੰ ਅਸੀਂ ਆਪਣੇ ਕੋਲੋਂ ਸੋਹਣੀ ਰੋਜ਼ੀ ਦੇ ਰੱਖੀ ਹੈ ਜਿਸ ਵਿੱਚੋਂ ਉਹ ਲੁਕ-ਛੁਪ ਕੇ ਅਤੇ ਐਲਾਨੀਆ ਖ਼ਰਚ ਕਰਦਾ ਹੈ, ਕੀ ਉਹ ਦੋਵੇਂ ਬਰਾਬਰ ਹੋ ਸਕਦੇ ਹਨ?

ضَرَبَ اللَّهُ مَثَلًا عَبْدًا مَّمْلُوكًا لَّا يَقْدِرُ
عَلَىٰ شَيْءٍ وَمَن رَّزَقْنَاهُ مِنَّا رِزْقًا حَسَنًا
فَهُوَ يُنفِقُ مِنْهُ سِرًّا وَجَهْرًا ۖ هَلْ يَسْتَوُونَ ۚ
الْحَمْدُ لِلَّهِ ۚ بَلْ أَكْثَرُهُمْ لَا يَعْلَمُونَ ﴿٧٥﴾

---

[1] ਅੱਲਾਹ ਨੇ ਇਹ ਉਦਾਹਰਨ ਉਹਨਾਂ ਮੁਸ਼ਰਿਕਾਂ ਦੇ ਸੰਬੰਧ ਵਿਚ ਦਿੱਤੀ ਹੈ ਜਿਹੜੇ ਝੂਠੇ ਇਸ਼ਟਾਂ ਨੂੰ ਰੱਬ ਦੇ ਸਾਂਝੀ ਬਣਾਉਂਦੇ ਸੀ ਕਿ ਉਹ ਆਪ ਇਸ ਗੱਲ 'ਤੇ ਸਹਿਮਤ ਨਹੀਂ ਹੋਣਗੇ ਕਿ ਉਹਨਾਂ ਦੀ ਜਾਇਦਾਦ ਵਿਚ ਉਹਨਾਂ ਦੇ ਗ਼ੁਲਾਮ ਭਾਗੀ ਬਣ ਜਾਣ, ਫੇਰ ਇਹ ਲੋਕੀ ਅੱਲਾਹ ਦੀ ਇਬਾਦਤ ਵਿਚ ਦੂਜੇ ਇਸ਼ਟਾਂ ਨੂੰ ਸਾਂਝੀ ਬਣਾਉਣ ਵਿਚ ਸਹਿਮਤ ਕਿਉਂ ਨਹੀਂ ਹੁੰਦੇ।

ਅੱਲਾਹ ਲਈ ਹੀ ਹਰ ਪ੍ਰਕਾਰ ਦੀ ਵਡਿਆਈ ਹੈ, ਪਰ ਇਹਨਾਂ ਵਿੱਚੋਂ ਬਥੇਰੇ ਲੋਕ ਇਸ ਗੱਲ ਨੂੰ ਨਹੀਂ ਜਾਣਦੇ।

وَضَرَبَ اللّٰهُ مَثَلًا رَّجُلَيْنِ أَحَدُهُمَا أَبْكَمُ لَا
يَقْدِرُ عَلٰى شَيْءٍ وَّهُوَ كَلٌّ عَلٰى مَوْلٰىهُ أَيْنَمَا
يُوَجِّهْهُّ لَا يَأْتِ بِخَيْرٍ هَلْ يَسْتَوِيْ هُوَ وَمَنْ
يَّأْمُرُ بِالْعَدْلِ وَهُوَ عَلٰى صِرَاطٍ مُّسْتَقِيْمٍ (٧٦)

76. ਅੱਲਾਹ ਦੋ ਵਿਅਕਤੀਆਂ ਦੀ ਇਕ ਹੋਰ ਮਿਸਾਲ ਦਿੰਦਾ ਹੈ ਕਿ ਇਹਨਾਂ ਵਿੱਚੋਂ ਇਕ ਗੂੰਗਾ ਹੈ। ਉਹ ਕਿਸੇ ਕੰਮ ਦੇ ਯੋਗ ਨਹੀਂ ਸਗੋਂ ਆਪਣੇ ਮਾਲਿਕ 'ਤੇ ਭਾਰ ਬਣਿਆ ਹੋਇਆ ਹੈ, ਉਹ ਉਸ ਨੂੰ ਜਿੱਥੇ ਵੀ ਭੇਜੇ ਕੋਈ ਭੱਦਰਕਾਰੀ ਨਹੀਂ। ਕੀ ਉਹ ਉਸ ਵਿਅਕਤੀ ਦੇ ਬਰਾਬਰ ਹੋ ਸਕਦਾ ਹੈ, ਜਿਹੜਾ ਹੱਕ ਇਨਸਾਫ਼ ਦਾ ਹੁਕਮ ਦਿੰਦਾ ਹੈ ਅਤੇ ਹੋਵੇ ਵੀ ਸਿੱਧੀ ਰਾਹ 'ਤੇ?

وَلِلّٰهِ غَيْبُ السَّمٰوٰتِ وَالْأَرْضِ وَمَا أَمْرُ
السَّاعَةِ إِلَّا كَلَمْحِ الْبَصَرِ أَوْ هُوَ أَقْرَبُ
إِنَّ اللّٰهَ عَلٰى كُلِّ شَيْءٍ قَدِيْرٌ (٧٧)

77. ਅਕਾਸ਼ਾਂ ਤੇ ਧਰਤੀ ਦੇ ਗੁਪਤ ਤੱਥਾਂ ਦਾ ਗਿਆਨ ਕੇਵਲ ਅੱਲਾਹ ਕੋਲ ਹੀ ਹੈ ਅਤੇ ਕਿਆਮਤ ਦਾ ਆਉਣਾ ਤਾਂ ਇੰਜ ਹੈ ਜਿਵੇਂ ਅੱਖ ਝਮਕ ਜਾਵੇ ਸਗੋਂ ਇਸ ਤੋਂ ਵੀ ਕੁੱਝ ਘਟ। ਬੇਸ਼ੱਕ ਅੱਲਾਹ ਹਰ ਚੀਜ਼ 'ਤੇ ਕੁਦਰਤ ਰੱਖਦਾ ਹੈ।

وَاللّٰهُ أَخْرَجَكُمْ مِّنْ بُطُوْنِ أُمَّهٰتِكُمْ لَا تَعْلَمُوْنَ
شَيْئًا وَّجَعَلَ لَكُمُ السَّمْعَ وَالْأَبْصَارَ
وَالْأَفْـِٕدَةَ لَعَلَّكُمْ تَشْكُرُوْنَ (٧٨)

78. ਅੱਲਾਹ ਨੇ ਤੁਹਾਨੂੰ ਤੁਹਾਡੀਆਂ ਮਾਵਾਂ ਦੇ ਗਰਭਾਂ 'ਚੋਂ ਇਸ ਹਾਲ ਵਿਚ ਪੈਦਾ ਕੀਤਾ ਕਿ ਤੁਸੀਂ ਕੁੱਝ ਵੀ ਨਹੀਂ ਸੀ ਜਾਣਦੇ। ਉਸੇ ਨੇ ਤੁਹਾਡੇ ਕੰਨ, ਅੱਖਾਂ ਤੇ ਦਿਲ ਬਣਾਏ ਤਾਂ ਜੋ ਤੁਸੀਂ ਸ਼ੁਕਰਗੁਜ਼ਾਰ ਹੋਵੋ।

أَلَمْ يَرَوْا إِلَى الطَّيْرِ مُسَخَّرٰتٍ فِيْ جَوِّ السَّمَآءِ
مَا يُمْسِكُهُنَّ إِلَّا اللّٰهُ إِنَّ فِيْ ذٰلِكَ لَأٰيٰتٍ
لِّقَوْمٍ يُّؤْمِنُوْنَ (٧٩)

79. ਕੀ ਇਹ ਲੋਕ ਪੰਛੀਆਂ ਨੂੰ ਨਹੀਂ ਵੇਖਦੇ ਜਿਹੜੇ ਅਕਾਸ਼ ਮੰਡਲ ਵਿਚ ਰੱਬੀ ਹੁਕਮ ਨਾਲ ਬੱਧੇ ਹੋਏ ਹਨ। ਅੱਲਾਹ ਤੋਂ ਛੁੱਟ ਹੋਰ ਕੋਈ ਇਹਨਾਂ ਨੂੰ ਥੰਮਣ ਵਾਲਾ ਨਹੀਂ। ਬੇਸ਼ੱਕ ਇਸ ਵਿਚ ਈਮਾਨ ਲਿਆਉਣ ਵਾਲਿਆਂ ਲਈ ਵੱਡੀਆਂ ਨਿਸ਼ਾਨੀਆਂ ਹਨ।

80. ਅੱਲਾਹ ਨੇ ਤੁਹਾਡੇ ਲਈ ਤੁਹਾਡੇ ਘਰਾਂ ਨੂੰ ਵੱਸਣ ਦੀ ਥਾਂ ਬਣਾਈ ਅਤੇ ਉਸੇ ਨੇ ਤੁਹਾਡੇ ਲਈ ਜਾਨਵਰਾਂ ਦੀਆਂ ਖੱਲਾਂ ਤੋਂ ਅਜਿਹੇ ਘਰ ਬਣਾਏ ਜਿਹੜੇ ਤੁਹਾਨੂੰ ਸਫ਼ਰ ਵਿਚ ਵੀ ਤੇ ਠਹਿਰਣ ਦੇ ਸਮੇਂ ਵੀ ਹੌਲੇ ਜਾਪਦੇ ਹਨ ਅਤੇ ਉਹਨਾਂ (ਜਾਨਵਰਾਂ ਦੀਆਂ) ਉੱਨਾਂ, ਜੱਤਾਂ ਤੇ ਖੱਲਾਂ ਤੋਂ ਤੁਸੀਂ ਹੋਰ ਵੀ ਬਥੇਰੀਆਂ ਘਰੇਲੂ ਚੀਜ਼ਾਂ ਬਣਾਉਂਦੇ ਹੋ, ਜਿਹੜੀਆਂ ਜੀਵਨ ਦੇ ਨਿਸ਼ਚਿਤ ਸਮੇਂ ਤੀਕ ਤੁਹਾਨੂੰ ਲਾਭ ਦਿੰਦੀਆਂ ਹਨ।

وَاللَّهُ جَعَلَ لَكُمْ مِّنْ بُيُوتِكُمْ سَكَنًا وَجَعَلَ
لَكُمْ مِّنْ جُلُودِ الْأَنْعَامِ بُيُوتًا تَسْتَخِفُّونَهَا
يَوْمَ ظَعْنِكُمْ وَيَوْمَ إِقَامَتِكُمْ ۙ وَمِنْ أَصْوَافِهَا
وَأَوْبَارِهَا وَأَشْعَارِهَا أَثَاثًا وَمَتَاعًا إِلَىٰ حِينٍ ﴿٨٠﴾

81. ਅੱਲਾਹ ਨੇ ਹੀ ਤੁਹਾਡੇ ਲਈ ਆਪਣੀਆਂ ਬਣਾਈਆਂ ਹੋਈਆਂ ਚੀਜ਼ਾਂ ਤੋਂ ਪਰਛਾਵੇਂ ਬਣਾਏ ਅਤੇ ਤੁਹਾਡੇ ਲੁਕਣ ਛਿਪਣ ਲਈ ਪਹਾੜਾਂ ਵਿਚ ਖੋਹਾਂ (ਗ਼ਾਰਾਂ) ਬਣਾਈਆਂ ਅਤੇ ਤੁਹਾਡੇ ਲਈ ਅਜਿਹੇ ਕੁਰਤੇ ਬਣਾਏ ਜਿਹੜੇ ਤੁਹਾਨੂੰ ਗਰਮੀ ਤੋਂ ਬਚਾਉਂਦੇ ਹਨ ਅਤੇ ਅਜਿਹੇ ਕੁਰਤੇ (ਭਾਵ ਜ਼ੱਰਾ ਬਕਤਰ) ਬਣਾਏ ਜਿਹੜੇ ਯੁੱਧ ਵਿਚ ਤੁਹਾਡੀ ਰੱਖਿਆ ਕਰਦੇ ਹਨ। ਇਸੇ ਤਰ੍ਹਾਂ ਉਹ ਤੁਹਾਡੇ 'ਤੇ ਆਪਣੀਆਂ ਨਿਅਮਤਾਂ ਦੀ ਪੂਰਤੀ ਕਰਦਾ ਹੈ। ਤਾਂ ਜੋ ਤੁਸੀਂ ਆਗਿਆਕਾਰੀ ਬਣ ਜਾਓ।

وَاللَّهُ جَعَلَ لَكُمْ مِّمَّا خَلَقَ ظِلَالًا وَجَعَلَ لَكُمْ
مِّنَ الْجِبَالِ أَكْنَانًا وَجَعَلَ لَكُمْ سَرَابِيلَ تَقِيكُمُ
الْحَرَّ وَسَرَابِيلَ تَقِيكُمْ بَأْسَكُمْ ۚ كَذَٰلِكَ يُتِمُّ
نِعْمَتَهُ عَلَيْكُمْ لَعَلَّكُمْ تُسْلِمُونَ ﴿٨١﴾

82. (ਹੇ ਨਬੀ!) ਜੇ ਫੇਰ ਵੀ ਉਹ (ਰੱਬ ਤੋਂ) ਮੂੰਹ ਮੋੜਦੇ ਹਨ (ਤਾਂ ਮੋੜ ਲੈਣ) ਤਾਂ ਤੁਹਾਡੇ ਜ਼ਿੰਮੇ ਤਾਂ ਕੇਵਲ ਸਪਸ਼ਟ ਰੂਪ ਵਿਚ (ਰੱਬੀ ਆਦੇਸ਼) ਪਹੁੰਚਾਣਾ ਹੀ ਹੈ।

فَإِنْ تَوَلَّوْا فَإِنَّمَا عَلَيْكَ الْبَلَاغُ الْمُبِينُ ﴿٨٢﴾

83. ਉਹ ਅੱਲਾਹ ਦੀਆਂ ਨਿਅਮਤਾਂ ਨੂੰ ਪਛਾਣਦੇ ਹਨ ਫੇਰ ਵੀ ਉਹਨਾਂ ਦਾ ਇਨਕਾਰ ਕਰ ਰਹੇ ਹਨ। ਸਗੋਂ ਇਹਨਾਂ ਵਿੱਚੋਂ ਬਹੁ-ਗਿਣਤੀ ਨਾ-ਸ਼ੁਕਰਿਆਂ ਦੀ ਹੈ।

يَعْرِفُونَ نِعْمَتَ اللَّهِ ثُمَّ يُنْكِرُونَهَا وَأَكْثَرُهُمُ
الْكَافِرُونَ ﴿٨٣﴾

84. ਜਦੋਂ (ਕਿਆਮਤ) ਦਿਹਾੜੇ ਅਸੀਂ ਹਰ ਉੱਮਤ (ਸਮੁਦਾਏ) ਵਿੱਚੋਂ ਇਕ ਗਵਾਹ (ਵਜੋਂ ਰਸੂਲ) ਖੜ੍ਹਾ ਕਰਾਂਗੇ, ਫੇਰ ਨਾ ਤਾਂ ਕਾਫ਼ਿਰਾਂ ਨੂੰ (ਬੋਲਣ ਦੀ) ਆਗਿਆ ਦਿੱਤੀ ਜਾਵੇਗੀ ਅਤੇ ਨਾ ਹੀ ਉਹਨਾਂ ਤੋਂ ਤੋਬਾ ਕਰਨ ਦੀ ਮੰਗ ਕੀਤੀ ਜਾਵੇਗਾ।

وَيَوْمَ نَبْعَثُ مِن كُلِّ أُمَّةٍ شَهِيدًا ثُمَّ لَا يُؤْذَنُ
لِلَّذِينَ كَفَرُوا وَلَا هُمْ يُسْتَعْتَبُونَ ﴿٨٤﴾

85. ਜਦੋਂ ਉਹ ਜ਼ਾਲਮ ਲੋਕ ਅਜ਼ਾਬ ਵੇਖ ਲੈਣਗੇ ਫੇਰ ਨਾ ਤਾਂ ਉਹਨਾਂ ਦੀ ਸਜ਼ਾ ਨੂੰ ਹੌਲਾ ਕੀਤਾ ਜਾਵੇਗਾ ਤੇ ਨਾ ਹੀ ਕਿਸੇ ਤਰ੍ਹਾਂ ਦੀ ਢਿੱਲ ਹੀ ਦਿੱਤੀ ਜਾਵੇਗੀ।

وَإِذَا رَأَى الَّذِينَ ظَلَمُوا الْعَذَابَ فَلَا يُخَفَّفُ
عَنْهُمْ وَلَا هُمْ يُنظَرُونَ ﴿٨٥﴾

86 ਜਦੋਂ ਮੁਸ਼ਰਿਕ ਲੋਕ ਆਪਣੇ ਥਾਪੇ ਹੋਏ ਸ਼ਰੀਕਾਂ ਨੂੰ ਵੇਖਣਗੇ ਤਾਂ ਆਖਣਗੇ ਕਿ ਹੇ ਸਾਡੇ ਰੱਬਾ! ਇਹੋ ਸਾਡੇ (ਆਪ ਘੜੇ ਹੋਏ ਤੇਰੇ) ਸ਼ਰੀਕ ਹਨ ਜਿਨ੍ਹਾਂ ਨੂੰ ਅਸੀਂ ਤੈਨੂੰ ਛੱਡ ਕੇ ਪੁਕਾਰਿਆ ਕਰਦੇ ਸੀ। ਤਦ ਉਹ (ਸ਼ਰੀਕ) ਉਹਨਾਂ (ਮੁਸ਼ਰਿਕਾਂ) ਦੀ ਗੱਲ ਉਹਨਾਂ ਦੇ ਮੂੰਹ 'ਤੇ ਮਾਰਨਗੇ ਤੇ ਆਖਣਗੇ ਕਿ ਤੁਸੀਂ ਤਾਂ ਉੱਕਾ ਹੀ ਝੂਠ ਬੋਲਦੇ ਹੋ।

وَإِذَا رَأَى الَّذِينَ أَشْرَكُوا شُرَكَاءَهُمْ قَالُوا رَبَّنَا
هَٰؤُلَاءِ شُرَكَاؤُنَا الَّذِينَ كُنَّا نَدْعُو مِن دُونِكَ ۖ
فَأَلْقَوْا إِلَيْهِمُ الْقَوْلَ إِنَّكُمْ لَكَاذِبُونَ ﴿٨٦﴾

87. ਉਸ ਦਿਨ ਉਹ ਅੱਲਾਹ ਦੇ ਹਜ਼ੂਰ ਆਪਣੀ ਫ਼ਰਮਾਂਬਰਦਾਰੀ (ਨਿਮਰਤਾ ਸਹਿਤ) ਪੇਸ਼ ਕਰਨਗੇ। ਅਤੇ ਉਹ ਸਾਰੇ (ਝੂਠੇ ਸ਼ਰੀਕ) ਜਿਹੜੇ ਉਹ (ਸੰਸਾਰ ਵਿਚ) ਘੜ੍ਹਿਆ ਕਰਦੇ ਸਨ, ਉਹ ਸਾਰੇ ਵਿਸਰ ਜਾਣਗੇ।

وَأَلْقَوْا إِلَى اللَّهِ يَوْمَئِذٍ السَّلَمَ ۖ وَضَلَّ عَنْهُم
مَّا كَانُوا يَفْتَرُونَ ﴿٨٧﴾

88 ਜਿਨ੍ਹਾਂ ਨੇ ਇਨਕਾਰ ਕੀਤਾ ਅਤੇ ਅੱਲਾਹ ਦੇ ਰਾਹ ਤੋਂ ਲੋਕਾਂ ਨੂੰ ਰੋਕਿਆ ਅਸੀਂ ਉਹਨਾਂ ਨੂੰ ਅਜ਼ਾਬ ਹੀ ਅਜ਼ਾਬ ਦਿਆਂਗੇ ਕਿਉਂ ਜੋ ਉਹ ਫ਼ਸਾਦੀ ਸਨ।

الَّذِينَ كَفَرُوا وَصَدُّوا عَن سَبِيلِ اللَّهِ زِدْنَاهُمْ
عَذَابًا فَوْقَ الْعَذَابِ بِمَا كَانُوا يُفْسِدُونَ ﴿٨٨﴾

89. (ਹੇ ਨਬੀ! ਯਾਦ ਕਰੋ) ਜਿਸ (ਕਿਆਮਤ) ਦਿਹਾੜੇ ਅਸੀਂ ਹਰ ਉੱਮਤ ਵਿੱਚੋਂ ਉਹਨਾਂ ਲਈ ਇਕ ਗਵਾਹ ਖੜਾ ਕਰਾਂਗੇ ਅਤੇ ਤੁਹਾਨੂੰ ਉਹਨਾਂ ਸਭ ਉੱਤੇ ਗਵਾਹ ਬਣਾਵਾਂਗੇ। ਅਸੀਂ ਤੁਹਾਡੇ 'ਤੇ ਹਰ ਚੀਜ਼ ਖੋਲ੍ਹ ਕੇ ਬਿਆਨ ਕਰਨ ਵਾਲੀ ਇਹ ਕਿਤਾਬ ਉਤਾਰੀ ਹੈ, ਜਿਹੜੀ ਮੁਸਲਮਾਨਾਂ ਲਈ ਹਿਦਾਇਤ, ਰਹਿਮਤ ਤੇ ਖ਼ੁਸ਼ਖ਼ਬਰੀ ਹੈ।

وَيَوْمَ نَبْعَثُ فِي كُلِّ أُمَّةٍ شَهِيدًا عَلَيْهِم مِّنْ
أَنفُسِهِمْ ۖ وَجِئْنَا بِكَ شَهِيدًا عَلَىٰ هَٰؤُلَاءِ ۚ
وَنَزَّلْنَا عَلَيْكَ الْكِتَابَ تِبْيَانًا لِّكُلِّ شَيْءٍ
وَهُدًى وَرَحْمَةً وَبُشْرَىٰ لِلْمُسْلِمِينَ ﴿٨٩﴾

90. ਬੇਸ਼ੱਕ ਅੱਲਾਹ ਨਿਆਂ, ਉਪਕਾਰ ਤੇ ਸਾਕ ਸੰਬੰਧੀਆਂ ਨੂੰ (ਸਹਾਇਤਾ) ਦੇਣ ਦਾ ਹੁਕਮ ਦਿੰਦਾ ਹੈ[1] ਅਤੇ ਬੁਰਾਈ, ਅਸ਼ਲੀਲਤਾ, ਜ਼ੁਲਮ ਅਤੇ ਵਧੀਕੀ ਤੋਂ ਰੋਕਦਾ ਹੈ। ਉਹ (ਅੱਲਾਹ) ਤੁਹਾਨੂੰ ਨਸੀਹਤ ਕਰਦਾ ਹੈ, ਤਾਂ ਜੋ ਤੁਸੀਂ ਸਿੱਖਿਆ ਪ੍ਰਾਪਤ ਕਰ ਸਕੋਂ।

إِنَّ اللَّهَ يَأْمُرُ بِالْعَدْلِ وَالْإِحْسَانِ وَإِيتَاءِ ذِي
الْقُرْبَىٰ وَيَنْهَىٰ عَنِ الْفَحْشَاءِ وَالْمُنكَرِ وَالْبَغْيِ ۚ
يَعِظُكُمْ لَعَلَّكُمْ تَذَكَّرُونَ ﴿٩٠﴾

91. ਅੱਲਾਹ ਨਾਲ ਕੀਤੇ ਵਚਨਾਂ ਨੂੰ ਪੂਰਾ ਕਰੋ ਅਤੇ ਜਦੋਂ ਤੁਸੀਂ ਆਪੋ ਵਿਚ ਪ੍ਰਣ ਕਰੋ ਅਤੇ ਕਸਮਾਂ ਨੂੰ ਪੱਕੀਆਂ ਕਰਨ ਮਗਰੋਂ ਨਾ ਤੋੜੋ। ਜਦ ਕਿ ਤੁਸੀਂ ਅੱਲਾਹ ਨੂੰ ਆਪਣੇ 'ਤੇ ਗਵਾਹ ਬਣਾ ਚੁੱਕੇ ਹੋ। ਜੋ ਵੀ ਤੁਸੀਂ ਕਰਦੇ ਹੋ ਅੱਲਾਹ ਉਸ ਨੂੰ ਭਲੀ-ਭਾਂਤ ਜਾਣਦਾ ਹੈ।

وَأَوْفُوا بِعَهْدِ اللَّهِ إِذَا عَاهَدتُّمْ وَلَا تَنقُضُوا
الْأَيْمَانَ بَعْدَ تَوْكِيدِهَا وَقَدْ جَعَلْتُمُ اللَّهَ
عَلَيْكُمْ كَفِيلًا ۚ إِنَّ اللَّهَ يَعْلَمُ مَا تَفْعَلُونَ ﴿٩١﴾

92. ਤੁਸੀਂ ਉਸ ਔਰਤ ਵਾਂਗ ਨਾ ਹੋ ਜਾਓ ਜਿਸ ਨੇ ਆਪਣਾ ਸੂਤ ਮਿਹਨਤ ਨਾਲ ਕੱਤਿਆ ਅਤੇ ਫੇਰ ਆਪੇ ਉਸ ਨੂੰ ਤਾਰ-ਤਾਰ ਕਰ ਛੱਡਿਆ, ਸੋ ਤੁਸੀਂ ਆਪਣੀਆਂ ਕਸਮਾਂ ਨੂੰ ਇਕ ਦੂਜੇ ਨੂੰ ਧੋਖਾ ਦੇਣ ਦਾ ਸਾਧਨ ਨਾ ਬਣਾਓ। ਤਾਂ ਜੋ ਇਕ ਧੜਾ ਦੂਜੇ ਧੜੇ 'ਤੇ ਭਾਰੂ ਹੋ ਜਾਵੇ। ਜਦ ਕਿ ਅੱਲਾਹ ਇਹਨਾਂ

وَلَا تَكُونُوا كَالَّتِي نَقَضَتْ غَزْلَهَا مِن بَعْدِ قُوَّةٍ
أَنكَاثًا تَتَّخِذُونَ أَيْمَانَكُمْ دَخَلًا بَيْنَكُمْ أَن
تَكُونَ أُمَّةٌ هِيَ أَرْبَىٰ مِنْ أُمَّةٍ ۚ إِنَّمَا يَبْلُوكُمُ
اللَّهُ بِهِ ۚ وَلَيُبَيِّنَنَّ لَكُمْ يَوْمَ الْقِيَامَةِ مَا كُنتُمْ
فِيهِ تَخْتَلِفُونَ ﴿٩٢﴾

---

1 ਰਿਸ਼ਤੇਦਾਰੀ ਦੇ ਕੀ ਦਰਜੇ ਹਨ ਸਭ ਤੋਂ ਪਹਿਲਾਂ ਮਾਪੇ ਫੇਰ ਔਲਾਦ, ਫੇਰ ਭਾਈ ਭੈਣ ਫੇਰ ਚਾਚੇ ਫੁੱਫੀ ਫੇਰ ਮਾਮਾ ਤੇ ਮਾਸੜ ਫੇਰ ਦੂਜੇ ਰਿਸ਼ਤੇਦਾਰ।

(ਕਸਮਾਂ) ਰਾਹੀਂ ਤੁਹਾਨੂੰ ਪਰਖ ਰਿਹਾ ਹੈ ਅਤੇ ਕਿਆਮਤ ਦਿਹਾੜੇ ਜ਼ਰੂਰ ਹੀ ਉਹ ਉਹਨਾਂ ਸਾਰੀਆਂ ਗੱਲਾਂ ਨੂੰ ਸਪਸ਼ਟ ਕਰ ਦੇਵੇਗਾ, ਜਿਨ੍ਹਾਂ ਵਿਚ ਤੁਸੀਂ ਮਤਭੇਦ ਕਰਦੇ ਸਨ।

93. ਜੇ ਅੱਲਾਹ ਚਾਹੁੰਦਾ ਤਾਂ ਤੁਹਾਨੂੰ ਸਭ ਨੂੰ ਇਕ ਹੀ ਉੱਮਤ (ਗਰੁਹ) ਬਣਾ ਦਿੰਦਾ ਪਰ ਉਹ ਜਿਸ ਨੂੰ ਚਾਹੁੰਦਾ ਹੈ ਕੁਰਾਹੇ ਪਾਉਂਦਾ ਹੈ ਅਤੇ ਜਿਸ ਨੂੰ ਚਾਹੁੰਦਾ ਹੈ ਹਿਦਾਇਤ ਬਖ਼ਸ਼ ਦਿੰਦਾ ਹੈ। ਤੁਸੀਂ ਜੋ ਵੀ ਕਰ ਰਹੇ ਹੋ ਉਸ ਪ੍ਰਤੀ ਜ਼ਰੂਰ ਹੀ ਪੁੱਛ ਗਿੱਛ ਹੋਵੇਗੀ।

وَلَوْ شَاءَ اللَّهُ لَجَعَلَكُمْ أُمَّةً وَاحِدَةً وَلَٰكِن
يُضِلُّ مَن يَشَاءُ وَيَهْدِي مَن يَشَاءُ ۚ
وَلَتُسْأَلُنَّ عَمَّا كُنتُمْ تَعْمَلُونَ ٩٣

94. ਤੁਸੀਂ ਆਪਣੀਆਂ ਕਸਮਾਂ ਨੂੰ ਆਪੋ ਵਿਚ ਇਕ ਦੂਜੇ ਨੂੰ ਧੋਖਾ ਦੇਣ ਦਾ ਸਾਧਨ ਨਾ ਬਣਾਓ ਕਿ ਇਸਲਾਮ ’ਤੇ ਕਿਸੇ ਦਾ ਪੈਰ ਜੰਮ ਜਾਣ ਮਗਰੋਂ ਤਿਲਕ ਜਾਵੇ ਫੇਰ ਤੁਹਾਨੂੰ (ਸੰਸਾਰ ਵਿਚ) ਕਰੜੀ ਸਜ਼ਾ ਭੁਗਤਣੀ ਪਵੇਗੀ ਅਤੇ ਪਰਲੋਕ ਵਿਚ ਤੁਹਾਡੇ ਲਈ ਕਰੜੀ ਸਜ਼ਾ ਹੋਵੇਗੀ। ਕਿਉਂ ਜੋ ਤੁਸੀਂ (ਉਸ ਨੂੰ) ਰਾਹ ਤੋਂ ਰੋਕਿਆ ਸੀ।

وَلَا تَتَّخِذُوا أَيْمَانَكُمْ دَخَلًا بَيْنَكُمْ فَتَزِلَّ
قَدَمٌ بَعْدَ ثُبُوتِهَا وَتَذُوقُوا السُّوءَ بِمَا صَدَدتُّمْ
عَن سَبِيلِ اللَّهِ ۖ وَلَكُمْ عَذَابٌ عَظِيمٌ ٩٤

95 ਤੁਸੀਂ ਅੱਲਾਹ ਨਾਲ ਕੀਤੀਆਂ ਸੰਧੀਆਂ ਨੂੰ ਤੁੱਛ ਜਿਹੇ (ਸੰਸਾਰਿਕ) ਲਾਭ ਲਈ ਨਾ ਵੇਚੋ। ਬੇਸ਼ੱਕ ਜੋ (ਬਦਲਾ) ਅੱਲਾਹ ਕੋਲ ਹੈ ਉਹੀਓ ਵਧੀਆ ਹੈ, ਜੇ ਤੁਸੀਂ ਸਮਝੋ।

وَلَا تَشْتَرُوا بِعَهْدِ اللَّهِ ثَمَنًا قَلِيلًا ۚ إِنَّمَا
عِندَ اللَّهِ هُوَ خَيْرٌ لَّكُمْ إِن كُنتُمْ تَعْلَمُونَ ٩٥

96. ਜੋ ਕੁੱਝ ਵੀ ਤੁਹਾਡੇ ਕੋਲ ਹੈ ਉਹ ਸਭ ਮੁਕ ਜਾਣ ਵਾਲਾ ਹੈ ਅਤੇ ਜੋ ਅੱਲਾਹ ਕੋਲ ਹੈ ਉਹੀ ਸਦਾ ਬਾਕੀ ਰਹਿਣ ਵਾਲਾ ਹੈ। ਸਬਰ ਕਰਨ ਵਾਲਿਆਂ ਨੂੰ ਅਸੀਂ (ਅੱਲਾਹ) ਉਹਨਾਂ ਦੇ ਭਲੇ ਕਰਮਾਂ ਦਾ ਬਹੁਤ ਹੀ ਵਧੀਆ ਬਦਲਾ ਦਿਆਂਗੇ।[1]

مَا عِندَكُمْ يَنفَدُ ۖ وَمَا عِندَ اللَّهِ بَاقٍ ۗ
وَلَنَجْزِيَنَّ الَّذِينَ صَبَرُوا أَجْرَهُم بِأَحْسَنِ
مَا كَانُوا يَعْمَلُونَ ٩٦

---

[1] ਵੇਖੋ ਸੂਰਤ ਅਲ-ਤੌਬਾ, ਹਾਸ਼ੀਆ ਆਇਤ 121/9

97. ਜੋ ਵੀ ਵਿਅਕਤੀ ਨੇਕ ਕਰਮ ਕਰੇਗਾ, ਪੁਰਸ਼ ਹੋਵੇ ਜਾਂ ਇਸਤਰੀ, ਪਰ ਹੋਵੇ ਈਮਾਨ ਵਾਲਾ ਤਾਂ ਅਸੀਂ ਉਸ ਨੂੰ ਬਹੁਤ ਹੀ ਪਾਕੀਜ਼ਾ ਜੀਵਨ ਬਤੀਤ ਕਰਵਾਵਾਂਗੇ ਅਤੇ (ਪਰਲੋਕ ਵਿਚ) ਉਹਨਾਂ ਦੇ ਨੇਕ ਕਰਮਾਂ ਦਾ ਵਧੀਆ ਬਦਲਾ ਵੀ ਉਹਨਾਂ ਨੂੰ ਜ਼ਰੂਰ ਦੇਵਾਂਗੇ।

مَنْ عَمِلَ صَالِحًا مِّنْ ذَكَرٍ أَوْ أُنْثَىٰ وَهُوَ مُؤْمِنٌ
فَلَنُحْيِيَنَّهُ حَيَاةً طَيِّبَةً ۖ وَلَنَجْزِيَنَّهُمْ أَجْرَهُمْ
بِأَحْسَنِ مَا كَانُوا يَعْمَلُونَ ﴿٩٧﴾

98 (ਹੇ ਮੁਸਲਮਾਨੋਂ!) ਜਦੋਂ ਤੁਸੀਂ ਕੁਰਆਨ ਪੜ੍ਹਣ ਲੱਗੋ ਤਾਂ ਫਿਟਕਾਰੇ ਹੋਏ ਸ਼ੈਤਾਨ ਤੋਂ ਬਚਣ ਲਈ ਅੱਲਾਹ ਦੀ ਸ਼ਰਨ ਮੰਗ ਲਿਆ ਕਰੋ।

فَإِذَا قَرَأْتَ الْقُرْآنَ فَاسْتَعِذْ بِاللَّهِ مِنَ
الشَّيْطَانِ الرَّجِيمِ ﴿٩٨﴾

99 ਈਮਾਨ ਵਾਲਿਆਂ 'ਤੇ ਅਤੇ ਆਪਣੇ ਰੱਬ 'ਤੇ ਭਰੋਸਾ ਕਰਨ ਵਾਲਿਆਂ 'ਤੇ ਉਸ (ਸ਼ੈਤਾਨ) ਦਾ ਉੱਕਾ ਹੀ ਵਸ ਨਹੀਂ ਚਲਦਾ।

إِنَّهُ لَيْسَ لَهُ سُلْطَانٌ عَلَى الَّذِينَ آمَنُوا وَعَلَىٰ
رَبِّهِمْ يَتَوَكَّلُونَ ﴿٩٩﴾

100. ਹਾਂ ਉਸ (ਸ਼ੈਤਾਨ) ਦਾ ਵੱਸ ਤਾਂ ਉਹਨਾਂ 'ਤੇ ਹੀ ਚਲਦਾ ਹੈ ਜਿਹੜੇ ਉਸ ਨੂੰ ਆਪਣਾ ਸਰਪ੍ਰਸਤ ਬਣਾਉਂਦੇ ਹਨ ਅਤੇ ਅੱਲਾਹ ਦਾ ਸ਼ਰੀਕ ਬਣਾਉਂਦੇ ਹਨ।

إِنَّمَا سُلْطَانُهُ عَلَى الَّذِينَ يَتَوَلَّوْنَهُ وَالَّذِينَ
هُمْ بِهِ مُشْرِكُونَ ﴿١٠٠﴾

101 ਜਦੋਂ ਅਸੀਂ ਇਕ ਆਇਤ ਦੀ ਥਾਂ ਦੂਜੀ ਆਇਤ ਉਤਾਰਦੇ ਹਾਂ ਜਦੋਂ ਕਿ ਅੱਲਾਹ ਜੋ ਵੀ ਉਤਾਰਦਾ ਹੈ ਉਸ ਨੂੰ ਭਲੀ-ਭਾਂਤ ਜਾਣਦਾ ਹੈ, ਫੇਰ ਉਹ (ਕਾਫ਼ਿਰ) ਆਖਦੇ ਹਨ ਕਿ (ਹੇ ਮੁਹੰਮਦ!) ਇਹ ਸਭ ਤੂੰ ਹੀ ਘੜ੍ਹਦਾ ਹੈਂ। ਅਸਲ ਵਿਚ ਇਹਨਾਂ ਵਿੱਚੋਂ ਵਧੇਰੇ ਕੁੱਝ ਜਾਣਦੇ ਹੀ ਨਹੀਂ।

وَإِذَا بَدَّلْنَا آيَةً مَّكَانَ آيَةٍ ۙ وَاللَّهُ أَعْلَمُ بِمَا
يُنَزِّلُ قَالُوا إِنَّمَا أَنْتَ مُفْتَرٍ ۚ بَلْ أَكْثَرُهُمْ
لَا يَعْلَمُونَ ﴿١٠١﴾

102. (ਹੇ ਨਬੀ!) ਆਖ ਦਿਓ ਕਿ ਇਸ (ਕੁਰਆਨ) ਨੂੰ ਪਵਿੱਤਰ ਰੂਹ (ਜਿਬਰਾਈਲ) ਨੇ ਤੁਹਾਡੇ ਰੱਬ ਵੱਲੋਂ ਹੱਕ-ਸੱਚ ਨਾਲ ਉਤਾਰਿਆ ਗਿਆ ਹੈ, ਤਾਂ ਜੋ ਅੱਲਾਹ ਈਮਾਨ ਵਾਲਿਆਂ ਦੇ ਪੈਰਾਂ ਨੂੰ ਜਮਾਈਂ ਰੱਖੇ, ਇਸ ਵਿਚ ਆਗਿਆਕਾਰੀਆਂ ਲਈ ਰਾਹ-ਨੁਮਾਈ ਅਤੇ ਖ਼ੁਸ਼ਖ਼ਬਰੀ ਹੈ।

قُلْ نَزَّلَهُ رُوحُ الْقُدُسِ مِنْ رَبِّكَ بِالْحَقِّ
لِيُثَبِّتَ الَّذِينَ آمَنُوا وَهُدًى وَبُشْرَىٰ
لِلْمُسْلِمِينَ ﴿١٠٢﴾

103. ਅਸੀਂ ਚੰਗੀ ਤਰ੍ਹਾਂ ਜਾਣਦੇ ਹਾਂ ਜੋ ਇਹ ਕਾਫ਼ਿਰ ਆਖਦੇ ਹਨ ਕਿ ਇਸ (ਮੁਹੰਮਦ ਸ:) ਨੂੰ ਤਾਂ ਇਕ ਵਿਅਕਤੀ (ਕੁਰਆਨ) ਸਿਖਾਉਂਦਾ ਹੈ, ਜਦ ਕਿ ਉਹ ਵਿਅਕਤੀ ਜਿਸ ਵੱਲ ਇਹ ਸੰਕੇਤ ਕਰਦੇ ਹਨ, ਅਜਮੀ ਹੈ (ਭਾਵ ਉਸ ਦੀ ਬੋਲੀ ਅਰਬੀ ਨਹੀਂ)। ਜਦ ਕਿ ਇਹ ਕੁਰਆਨ ਤਾਂ ਠੇਠ ਅਰਬੀ ਵਿਚ ਹੈ।

وَلَقَدْ نَعْلَمُ أَنَّهُمْ يَقُولُونَ إِنَّمَا يُعَلِّمُهُ بَشَرٌ ۗ لِّسَانُ الَّذِي يُلْحِدُونَ إِلَيْهِ أَعْجَمِيٌّ وَهَٰذَا لِسَانٌ عَرَبِيٌّ مُّبِينٌ (103)

104. ਜਿਹੜੇ ਲੋਕੀ ਅੱਲਾਹ ਦੀਆਂ ਆਇਤਾਂ (ਆਦੇਸ਼ਾਂ) ਨੂੰ ਨਹੀਂ ਮੰਨਦੇ, ਉਹਨਾਂ ਨੂੰ ਅੱਲਾਹ ਹਿਦਾਇਤ ਨਹੀਂ ਦਿੰਦਾ ਅਤੇ ਉਹਨਾਂ ਲਈ ਕਰੜਾ ਅਜ਼ਾਬ ਹੈ।

إِنَّ الَّذِينَ لَا يُؤْمِنُونَ بِآيَاتِ اللَّهِ لَا يَهْدِيهِمُ اللَّهُ وَلَهُمْ عَذَابٌ أَلِيمٌ (104)

105 ਝੂਠ ਤਾਂ ਉਹੀਓ ਲੋਕ ਘੜ੍ਹਦੇ ਹਨ ਜਿਨ੍ਹਾਂ ਨੂੰ ਅੱਲਾਹ ਦੀਆਂ ਆਇਤਾਂ 'ਤੇ ਈਮਾਨ ਨਹੀਂ, ਅਸਲ ਵਿਚ ਝੂਠੇ ਤਾਂ ਇਹੋ ਲੋਕ ਹਨ।

إِنَّمَا يَفْتَرِي الْكَذِبَ الَّذِينَ لَا يُؤْمِنُونَ بِآيَاتِ اللَّهِ ۖ وَأُولَٰئِكَ هُمُ الْكَاذِبُونَ (105)

106. ਜਿਹੜਾ ਵਿਅਕਤੀ ਆਪਣੇ ਈਮਾਨ ਲਿਆਉਣ ਮਗਰੋਂ ਵੀ ਅੱਲਾਹ ਨਾਲ ਕੁਫ਼ਰ ਕਰੇ, ਛੁੱਟ ਉਸ ਤੋਂ ਜਿਸ ਨੂੰ ਮਜਬੂਰ ਕੀਤਾ ਜਾਵੇ ਪਰ ਉਸ ਦਾ ਮਨ ਈਮਾਨ 'ਤੇ ਸੰਤੁਸ਼ਟ ਸੀ, ਪਰੰਤੂ ਜਿਹੜੇ ਲੋਕੀ ਖੁੱਲ੍ਹੇ ਦਿਲ ਤੋਂ ਕੁਫ਼ਰ ਕਰਦੇ ਹਨ, ਤਾਂ ਉਹਨਾਂ 'ਤੇ ਅੱਲਾਹ ਦਾ ਕਰੋਪ ਹੈ ਅਤੇ ਉਹਨਾਂ ਲਈ ਬਹੁਤ ਵੱਡਾ ਅਜ਼ਾਬ ਹੈ।

مَن كَفَرَ بِاللَّهِ مِن بَعْدِ إِيمَانِهِ إِلَّا مَنْ أُكْرِهَ وَقَلْبُهُ مُطْمَئِنٌّ بِالْإِيمَانِ وَلَٰكِن مَّن شَرَحَ بِالْكُفْرِ صَدْرًا فَعَلَيْهِمْ غَضَبٌ مِّنَ اللَّهِ وَلَهُمْ عَذَابٌ عَظِيمٌ (106)

107. ਇਹ ਇਸ ਲਈ ਕਿ ਉਹਨਾਂ ਨੇ ਪਰਲੋਕ (ਆਖ਼ਿਰਤ) ਦੀ ਥਾਂ ਸੰਸਾਰਿਕ ਜੀਵਨ ਨੂੰ ਵਧੇਰੇ ਪਸੰਦ ਕੀਤਾ ਹੈ, ਅੱਲਾਹ ਵੀ ਕਾਫ਼ਿਰਾਂ ਨੂੰ ਸਿੱਧੀ ਰਾਹ ਨਹੀਂ ਵਿਖਾਉਂਦਾ।

ذَٰلِكَ بِأَنَّهُمُ اسْتَحَبُّوا الْحَيَاةَ الدُّنْيَا عَلَى الْآخِرَةِ وَأَنَّ اللَّهَ لَا يَهْدِي الْقَوْمَ الْكَافِرِينَ (107)

108 ਇਹ ਉਹ ਲੋਕ ਹਨ, ਜਿਨ੍ਹਾਂ ਦੇ ਦਿਲਾਂ (ਭਾਵ ਅਕਲਾਂ) 'ਤੇ, ਕੰਨਾਂ 'ਤੇ ਅਤੇ ਅੱਖਾਂ 'ਤੇ ਅੱਲਾਹ ਨੇ ਮੋਹਰ ਲਾ ਛੱਡੀ ਹੈ ਅਤੇ ਇਹ ਗ਼ਫ਼ਲਤ ਵਿਚ ਪਏ ਹੋਏ ਹਨ।

أُولَٰئِكَ الَّذِينَ طَبَعَ اللَّهُ عَلَىٰ قُلُوبِهِمْ وَسَمْعِهِمْ وَأَبْصَارِهِمْ ۖ وَأُولَٰئِكَ هُمُ الْغَافِلُونَ (108)

109. ਕੁੱਝ ਵੀ ਸ਼ੱਕ ਨਹੀਂ ਕਿ ਇਹੋ ਲੋਕ ਆਖ਼ਿਰਤ ਵਿਚ ਘਾਟੇ ਵਿਚ ਰਹਿਣਗੇ।

لَا جَرَمَ أَنَّهُمْ فِي الْآخِرَةِ هُمُ الْخٰسِرُوْنَ ﴿١٠٩﴾

110. (ਹੇ ਨਬੀ!) ਬੇਸ਼ੱਕ ਤੁਹਾਡਾ ਰੱਬ ਉਹਨਾਂ ਲੋਕਾਂ ਲਈ ਅਤਿ ਮਿਹਰਬਾਨ ਹੈ ਜਿਨ੍ਹਾਂ ਨੇ ਅਜ਼ਮਾਇਸ਼ ਵਿਚ ਪੈਣ ਮਗਰੋਂ ਹਿਜਰਤ ਕੀਤੀ, ਫੇਰ ਜਿਹਾਦ (ਸੰਘਰਸ਼) ਕੀਤਾ ਅਤੇ ਧੀਰਜ ਤੋਂ ਕੰਮ ਲਿਆ। ਬੇਸ਼ੱਕ ਤੁਹਾਡਾ ਰੱਬ ਇਹਨਾਂ ਅਜ਼ਮਾਇਸ਼ਾਂ ਤੋਂ ਬਾਅਦ ਲੋਕਾਂ ਲਈ ਬਖ਼ਸ਼ਣਹਾਰ ਤੇ ਮਿਹਰਬਾਨ ਹੈ।

ثُمَّ إِنَّ رَبَّكَ لِلَّذِيْنَ هَاجَرُوْا مِنْۢ بَعْدِ مَا فُتِنُوْا ثُمَّ جٰهَدُوْا وَصَبَرُوْٓا ۙ إِنَّ رَبَّكَ مِنْۢ بَعْدِهَا لَغَفُوْرٌ رَّحِيْمٌ ﴿١١٠﴾

111. ਜਦੋਂ ਹਰੇਕ ਪ੍ਰਾਣੀ ਆਪਣੇ ਆਪ ਨੂੰ ਬਚਾਉਣ ਲਈ ਲੜਦਾ ਝਗੜਦਾ ਹੋਵੇਗਾ ਅਤੇ ਹਰ ਵਿਅਕਤੀ ਨੂੰ ਉਸ ਦੇ ਕੀਤੇ ਕਰਮਾਂ ਦਾ ਪੂਰਾ ਪੂਰਾ ਬਦਲਾ ਦਿੱਤਾ ਜਾਵੇਗਾ ਅਤੇ ਉਸ ਦਿਨ ਲੋਕਾਂ ਨਾਲ ਭੋਰਾ ਭਰ ਵੀ ਜ਼ੁਲਮ ਨਹੀਂ ਹੋਵੇਗਾ।

يَوْمَ تَأْتِيْ كُلُّ نَفْسٍ تُجَادِلُ عَنْ نَّفْسِهَا وَتُوَفّٰى كُلُّ نَفْسٍ مَّا عَمِلَتْ وَهُمْ لَا يُظْلَمُوْنَ ﴿١١١﴾

112 ਅੱਲਾਹ ਇਕ ਬਸਤੀ ਦੀ ਉਦਾਹਰਨ ਦਿੰਦਾ ਹੈ, ਜਿਹੜੀ ਅਮਨੋ-ਚੈਨ ਨਾਲ ਰਹਿ ਰਹੀ ਸੀ। ਉਸ ਦਾ ਰਿਜ਼ਕ ਉਸ ਦੇ ਕੋਲ ਹਰ ਥਾਂ ਤੋਂ ਬਹੁਲਤਾ ਨਾਲ ਪਹੁੰਚ ਰਿਹਾ ਸੀ ਫੇਰ ਉਸ (ਦੇ ਵਸਨੀਕਾਂ) ਨੇ ਅੱਲਾਹ ਦੀਆਂ ਨਿਅਮਤਾਂ ਦੀ ਨਾ-ਸ਼ੁਕਰੀ ਕੀਤੀ[1] ਤਾਂ ਅੱਲਾਹ ਨੇ ਉਹਨਾਂ ਦੀਆਂ ਕਰਤੂਤਾਂ ਕਾਰਨ ਉਹਨਾਂ 'ਤੇ ਭੁੱਖ ਤੇ ਡਰ ਦੀ ਮੁਸੀਬਤ ਪਾ ਛੱਡੀ ਹੈ।

وَضَرَبَ اللّٰهُ مَثَلًا قَرْيَةً كَانَتْ اٰمِنَةً مُّطْمَئِنَّةً يَّأْتِيْهَا رِزْقُهَا رَغَدًا مِّنْ كُلِّ مَكَانٍ فَكَفَرَتْ بِأَنْعُمِ اللّٰهِ فَأَذَاقَهَا اللّٰهُ لِبَاسَ الْجُوْعِ وَالْخَوْفِ بِمَا كَانُوْا يَصْنَعُوْنَ ﴿١١٢﴾

---

[1] ਬੰਦਿਆਂ ਦੀ ਨਾ-ਸ਼ੁਕਰੀ ਕਰਨਾ ਬਹੁਤ ਵੱਡਾ ਜ਼ੁਲਮ ਹੈ ਇਸ ਦੀ ਉਦਾਹਰਨ ਇਕ ਹਦੀਸ ਵਿਚ ਦੱਸੀ ਗਈ ਹੈ, ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ ਮੈਨੂੰ ਨਰਕ ਵਿਖਾਈ ਗਈ ਮੈਂਨੇ ਵੇਖਿਆ ਕਿ ਉਸ ਵਿਚ ਬਹੁ ਗਿਣਤੀ ਔਰਤਾਂ ਦੀ ਹੀ ਸੀ ਜਿਹੜੀਆਂ ਨਾ-ਸ਼ੁਕਰੀ ਕਰਦੀਆਂ ਸੀ, ਪੁੱਛਿਆ ਗਿਆ, ਕੀ ਉਹ ਅੱਲਾਹ ਦੀ ਨਾ-ਸ਼ੁਕਰੀ ਕਰਦੀਆਂ ਸਨ? ਆਪ (ਸ:) ਨੇ ਫ਼ਰਮਾਇਆ, ਉਹ ਆਪਣੇ ਪਤੀਆਂ ਦੀ ਨਾ-ਸ਼ੁਕਰੀ ਕਰਦੀਆਂ ਹਨ। ਜੇ ਕੋਈ ਪਤੀ ਉਹਨਾਂ ਦੇ ਨਾਲ ਵਧੀਆ ਵਰਤਾਓ ਕਰਦਾ ਹੈ, ਉਸ ਦੀ ਵੀ ਨਾ-ਸ਼ੁਕਰੀ ਕਰਦੀਆਂ ਹਨ। ਜੇ ਤੂੰ ਕਿਸੇ ਔਰਤ ਨਾਲ ਇਕ ਲੰਮੇ ਸਮੇਂ ਤਕ ਅਹਿਸਾਨ ਕਰਦਾ ਰਹੇ ਫੇਰ ਉਹ ਤੇਰੇ ਵਿਚ ਕੋਈ ਵੀ ਅਜਿਹੀ ਗੱਲ ਵੇਖੇ ਜਿਸ ਨੂੰ ਉਹ ਨਾ-ਪਸੰਦ ਕਰਦੀ ਹੋਵੇ ਤਾਂ ਕਹਿਣ ਲੱਗਦੀ ਹੈ, ਮੈਂਨੇ ਤੇਥੋਂ ਕੋਈ ਵੀ ਭਲਾਈ ਨਹੀਂ ਪਾਈ। (ਸਹੀ ਬੁਖ਼ਾਰੀ, ਹਦੀਸ: 29)

113. ਉਹਨਾਂ ਕੋਲ ਉਹਨਾਂ ਵਿੱਚੋਂ ਹੀ ਇਕ ਰਸੂਲ ਆਇਆ ਪਰ ਉਹਨਾਂ ਨੇ ਉਸ ਨੂੰ ਝੁਠਲਾਇਆ, ਸੋ ਉਹਨਾਂ ਨੂੰ ਅਜ਼ਾਬ ਨੇ ਆ ਦੱਬਿਆ, ਅਸਲ ਵਿਚ ਉਹ ਜ਼ਾਲਮ ਹੀ ਸਨ।

وَلَقَدْ جَاءَهُمْ رَسُولٌ مِّنْهُمْ فَكَذَّبُوهُ فَأَخَذَهُمُ
الْعَذَابُ وَهُمْ ظَالِمُونَ ﴿١١٣﴾

114. ਜੋ ਵੀ ਹਲਾਲ ਤੇ ਪਾਕੀਜ਼ਾ ਰੋਜ਼ੀ ਤੁਹਾਨੂੰ ਅੱਲਾਹ ਨੇ ਦਿੱਤੀ ਹੋਈ ਹੈ ਉਸ ਨੂੰ ਖਾਓ।[1] ਜੇ ਤੁਸੀਂ ਉਸੇ ਦੀ ਬੰਦਗੀ ਕਰਦੇ ਹੋ ਤਾਂ ਅੱਲਾਹ ਦੀਆਂ ਨਿਆਮਤਾਂ ਦਾ ਸ਼ੁਕਰ ਅਦਾ ਕਰੋ।

فَكُلُوا مِمَّا رَزَقَكُمُ اللَّهُ حَلَالًا طَيِّبًا
وَاشْكُرُوا نِعْمَتَ اللَّهِ إِن كُنتُمْ إِيَّاهُ
تَعْبُدُونَ ﴿١١٤﴾

115 ਤੁਹਾਡੇ ਲਈ ਕੇਵਲ ਮੁਰਦਾਰ, ਖ਼ੂਨ, ਸੂਰ ਦਾ ਮਾਸ ਅਤੇ ਜਿਸ ਚੀਜ਼ 'ਤੇ ਅੱਲਾਹ ਤੋਂ ਛੁੱਟ ਕਿਸੇ ਹੋਰ ਦਾ ਨਾਂ ਲਿਆ ਗਿਆ ਹੋਵੇ, ਹਰਾਮ ਕੀਤਾ ਹੈ। ਜੇ ਕੋਈ ਵਿਅਕਤੀ ਭੁੱਖ ਤੋਂ ਮਜਬੂਰ ਹੋ ਜਾਵੇ, ਜਦ ਕਿ ਉਹ ਰੱਬ ਦਾ ਬਾਗ਼ੀ ਨਾ ਹੋਵੇ ਤੇ ਨਾ ਉਹ ਆਪ ਚਾਹੁੰਦਾ ਹੋਵੇ ਅਤੇ ਨਾ ਹੀ ਹੱਦੋਂ ਟੱਪਣ ਵਾਲਾ ਹੋਵੇ ਤਾਂ ਅੱਲਾਹ ਉਹਨਾਂ ਬੇਵਸ ਲੋਕਾਂ ਦੀਆਂ ਭੁੱਲਾਂ ਲਈ ਬਖ਼ਸ਼ਣਹਾਰ ਤੇ ਰਹੀਮ ਕਰਨ ਵਾਲਾ ਹੈ।

إِنَّمَا حَرَّمَ عَلَيْكُمُ الْمَيْتَةَ وَالدَّمَ وَلَحْمَ
الْخِنزِيرِ وَمَا أُهِلَّ لِغَيْرِ اللَّهِ بِهِ ۖ فَمَنِ
اضْطُرَّ غَيْرَ بَاغٍ وَلَا عَادٍ فَإِنَّ اللَّهَ
غَفُورٌ رَّحِيمٌ ﴿١١٥﴾

116. ਕਿਸੇ ਵੀ ਚੀਜ਼ ਨੂੰ ਆਪਣੀ ਜ਼ੁਬਾਨ ਤੋਂ ਐਵੇਂ ਹੀ ਝੂਠ ਨਾ ਕਹਿ ਦਿਆ ਕਰੋ ਕਿ ਇਹ ਹਲਾਲ ਹੈ ਅਤੇ ਇਹ ਹਰਾਮ, ਇਹ ਕਹਿ ਕੇ ਅੱਲਾਹ 'ਤੇ ਝੂਠ ਨਾ ਲਾਓ। ਯਾਦ ਰੱਖੋ ਕਿ ਅੱਲਾਹ 'ਤੇ ਝੂਠ ਲਾਉਣ ਵਾਲਾ ਸਫ਼ਲਤਾ ਤੋਂ ਵਾਂਝਾ ਹੀ ਰਹਿੰਦਾ ਹੈ।

وَلَا تَقُولُوا لِمَا تَصِفُ أَلْسِنَتُكُمُ الْكَذِبَ هَٰذَا
حَلَالٌ وَهَٰذَا حَرَامٌ لِّتَفْتَرُوا عَلَى اللَّهِ الْكَذِبَ ۚ
إِنَّ الَّذِينَ يَفْتَرُونَ عَلَى اللَّهِ الْكَذِبَ
لَا يُفْلِحُونَ ﴿١١٦﴾

117. ਇਹਨਾਂ (ਗੱਲਾਂ) ਦਾ ਲਾਭ ਬਹੁਤ ਥੋੜ੍ਹਾ ਹੁੰਦਾ ਹੈ ਪਰ ਇਹਨਾਂ ਦਾ ਅਜ਼ਾਬ ਬੜਾ ਹੀ ਕਰੜਾ ਹੁੰਦਾ ਹੈ।

مَتَاعٌ قَلِيلٌ وَلَهُمْ عَذَابٌ أَلِيمٌ ﴿١١٧﴾

---

[1] ਇਸ ਵਿਚ ਉਹ ਪਸ਼ੂ ਵੀ ਸ਼ਾਮਲ ਹਨ ਜਿਨ੍ਹਾਂ ਨੂੰ ਅੱਲਾਹ ਨੇ ਤੁਹਾਡੇ ਲਈ ਹਲਾਲ ਠਹਿਰਾਇਆ ਹੈ ਅਤੇ ਇਹਨਾਂ ਨੂੰ ਇਸਲਾਮੀ ਤਰੀਕੇ ਅਨੁਸਾਰ ਜ਼ਿਬਹ ਕੀਤਾ ਜਾਂਦਾ ਹੈ।

118. ਯਹੂਦੀਆਂ ਲਈ ਅਸੀਂ ਜੋ ਕੁੱਝ ਹਰਾਮ ਕੀਤਾ ਸੀ ਉਹ ਅਸੀਂ ਤੁਹਾਨੂੰ ਪਹਿਲਾਂ ਹੀ ਦੱਸ ਚੁੱਕੇ ਹਾਂ, ਅਸੀਂ ਉਹਨਾਂ 'ਤੇ ਕੋਈ ਜ਼ੁਲਮ ਨਹੀਂ ਸੀ ਕੀਤਾ, ਸਗੋਂ ਉਹਨਾਂ ਨੇ ਆਪ ਹੀ ਆਪਣੇ 'ਤੇ ਜ਼ੁਲਮ ਕੀਤਾ ਸੀ।

وَعَلَى الَّذِينَ هَادُوا حَرَّمْنَا مَا قَصَصْنَا
عَلَيْكَ مِن قَبْلُ ۖ وَمَا ظَلَمْنَاهُمْ وَلَٰكِن كَانُوا
أَنفُسَهُمْ يَظْلِمُونَ ﴿١١٨﴾

119. ਜਿਹੜਾ ਵੀ ਕੋਈ ਅਗਿਆਨਤਾ ਕਾਰਨ ਭੈੜੇ ਕੰਮ ਕਰਦਾ ਹੈ ਪਰ (ਗਿਆਨ ਆਉਣ 'ਤੇ) ਤੌਬਾ ਕਰ ਲਵੇ ਅਤੇ ਆਪਣਾ ਸੁਧਾਰ ਵੀ ਕਰ ਲਵੇ ਤਾਂ ਤੁਹਾਡਾ ਪਾਲਣਹਾਰ ਉਹਨਾਂ ਲਈ ਅਤਿ ਬਖ਼ਸ਼ਣਹਾਰ ਅਤੇ ਮਿਹਰਬਾਨ ਹੈ।

ثُمَّ إِنَّ رَبَّكَ لِلَّذِينَ عَمِلُوا السُّوءَ بِجَهَالَةٍ
ثُمَّ تَابُوا مِن بَعْدِ ذَٰلِكَ وَأَصْلَحُوا إِنَّ رَبَّكَ
مِن بَعْدِهَا لَغَفُورٌ رَّحِيمٌ ﴿١١٩﴾

120 ਹਕੀਕਤ ਇਹੋ ਹੈ ਕਿ ਇਬਰਾਹੀਮ ਤਾਂ ਆਪ ਹੀ ਇਕ ਉੱਮਤ ਸੀ (ਭਾਵ ਸਾਰੀਆਂ ਉੱਮਤਾਂ ਦਾ ਆਗੂ ਸੀ), ਅੱਲਾਹ ਦਾ ਆਗਿਆਕਾਰੀ ਤੇ ਇਕ ਮੁਖ਼ਲਿਸ ਬੰਦਾ ਸੀ, ਉਹ ਸ਼ਿਰਕ ਕਰਨ ਵਾਲਿਆਂ ਵਿੱਚੋਂ ਨਹੀਂ ਸੀ।

إِنَّ إِبْرَاهِيمَ كَانَ أُمَّةً قَانِتًا لِّلَّهِ حَنِيفًا
وَلَمْ يَكُ مِنَ الْمُشْرِكِينَ ﴿١٢٠﴾

121. ਉਹ ਅੱਲਾਹ ਦੀਆਂ ਨਿਅਮਤਾਂ ਦਾ ਸ਼ੁਕਰ ਕਰਨ ਵਾਲਾ ਸੀ, ਅੱਲਾਹ ਨੇ ਉਸ ਨੂੰ ਵਿਸ਼ੇਸ਼ ਆਪਣੇ ਲਈ ਚੁਣ ਲਿਆ ਸੀ ਅਤੇ ਉਸ ਨੂੰ ਸਿੱਧੀ ਰਾਹ ਵੀ ਵਿਖਾਈ ਸੀ।[1]

شَاكِرًا لِّأَنْعُمِهِ ۚ اجْتَبَاهُ وَهَدَاهُ إِلَىٰ صِرَاطٍ
مُّسْتَقِيمٍ ﴿١٢١﴾

122. ਅਸੀਂ ਉਸ ਨੂੰ ਸੰਸਾਰ ਵਿਚ ਵੀ ਭਲਾਈ ਦਿੱਤੀ ਅਤੇ ਉਹ ਆਖ਼ਿਰਤ ਵਿਚ ਵੀ ਨੇਕ ਲੋਕਾਂ ਵਿਚ ਹੀ ਹੋਵੇਗਾ।

وَآتَيْنَاهُ فِي الدُّنْيَا حَسَنَةً ۖ وَإِنَّهُ فِي الْآخِرَةِ
لَمِنَ الصَّالِحِينَ ﴿١٢٢﴾

123 (ਹੇ ਨਬੀ!) ਅਸੀਂ ਤੁਹਾਡੇ ਵੱਲ ਵਹੀ (ਰੱਬੀ ਬਾਣੀ) ਭੇਜੀ ਕਿ ਤੁਸੀਂ ਇਕ ਚਿਤ ਹੋਕੇ ਮਿਲਤੇ-

ثُمَّ أَوْحَيْنَا إِلَيْكَ أَنِ اتَّبِعْ مِلَّةَ إِبْرَاهِيمَ
حَنِيفًا ۖ وَمَا كَانَ مِنَ الْمُشْرِكِينَ ﴿١٢٣﴾

---

1 ਇਬਰਾਹੀਮ ਨਾ ਤਾਂ ਯਹੂਦੀ ਸੀ ਅਤੇ ਨਾ ਈਸਾਈ ਸਗੋਂ ਉਹ ਤਾਂ ਇਕ ਸੱਚਾ ਮੁਸਲਮਾਨ ਸੀ ਅਤੇ ਉਹ ਮੁਸ਼ਰਿਕਾਂ ਵਿੱਚੋਂ ਵੀ ਨਹੀਂ ਸੀ। (ਆਲੇ-ਇਮਰਾਨ 67/3)

ਇਬਰਾਹੀਮ ਦੀ ਪੈਰਵੀ ਕਰੋ, ਜਿਸ ਦਾ ਰੁਖ਼ ਕੇਵਲ ਅੱਲਾਹ ਵੱਲ ਹੀ ਸੀ, ਉਹ ਮੁਸ਼ਰਿਕਾਂ ਵਿੱਚੋਂ ਨਹੀਂ ਸਨ [1]

124. 'ਸਬਤ' ਵਾਲੇ ਦਿਨ ਦੀ ਮਹੱਤਤਾ ਤਾਂ ਕੇਵਲ ਉਹਨਾਂ ਲੋਕਾਂ ਲਈ ਨਿਸ਼ਚਿਤ ਕੀਤੀ ਗਈ ਸੀ, ਜਿਨ੍ਹਾਂ ਨੇ ਇਸ ਵਿਚ ਮਤਭੇਦ ਕੀਤਾ ਸੀ। ਬੇਸ਼ੱਕ ਤੁਹਾਡਾ ਰੱਬ ਉਹਨਾਂ ਵਿਚਾਲੇ ਕਿਆਮਤ ਦਿਹਾੜੇ ਨਿਬੇੜਾ ਕਰ ਦੇਵੇਗਾ।

إِنَّمَا جُعِلَ السَّبْتُ عَلَى الَّذِينَ اخْتَلَفُوا فِيهِ ۚ
وَإِنَّ رَبَّكَ لَيَحْكُمُ بَيْنَهُمْ يَوْمَ الْقِيَامَةِ فِيمَا
كَانُوا فِيهِ يَخْتَلِفُونَ ﴿١٢٤﴾

125. ਹੇ ਨਬੀ! ਲੋਕਾਂ ਨੂੰ ਆਪਣੇ ਰੱਬ ਦੇ ਰਸਤੇ ਵੱਲ ਸਮਝਦਾਰੀ ਅਤੇ ਸੋਹਣੇ ਉਪਦੇਸ਼ਾਂ ਰਾਹੀਂ ਬੁਲਾਓ ਅਤੇ ਉਹਨਾਂ ਨਾਲ ਵਧੀਆ ਤੇ ਸੋਹਣੇ ਢੰਗ (ਭਾਵ ਦਲੀਲ) ਨਾਲ ਬਹਿਸ ਕਰੋ। ਤੁਹਾਡਾ ਰੱਬ ਆਪਣੀ ਰਾਹ ਤੋਂ ਭਟਕੇ ਹੋਏ ਲੋਕਾਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ ਅਤੇ ਉਹ ਸਿੱਧੀ ਰਾਹ ਪਏ ਹੋਏ ਲੋਕਾਂ ਨੂੰ ਵੀ ਜਾਣਦਾ ਹੈ।

ادْعُ إِلَىٰ سَبِيلِ رَبِّكَ بِالْحِكْمَةِ وَالْمَوْعِظَةِ
الْحَسَنَةِ ۖ وَجَادِلْهُم بِالَّتِي هِيَ أَحْسَنُ ۚ إِنَّ رَبَّكَ
هُوَ أَعْلَمُ بِمَن ضَلَّ عَن سَبِيلِهِ ۖ وَهُوَ أَعْلَمُ
بِالْمُهْتَدِينَ ﴿١٢٥﴾

126. ਜੇ ਤੁਸੀਂ ਬਦਲਾ ਲੈਣਾ ਵੀ ਹੋਵੇ ਤਾਂ ਉੱਨਾ ਹੀ ਬਦਲਾ ਲਓ ਜਿੰਨੀ ਤੁਹਾਡੇ ਨਾਲ ਵਧੀਕੀ ਕੀਤੀ ਗਈ ਹੈ,[2] ਪਰ ਜੇ ਤੁਸੀਂ ਸਬਰ ਕਰ ਲਵੋ ਤਾਂ

وَإِنْ عَاقَبْتُمْ فَعَاقِبُوا بِمِثْلِ مَا عُوقِبْتُم بِهِ ۖ
وَلَئِن صَبَرْتُمْ لَهُوَ خَيْرٌ لِّلصَّابِرِينَ ﴿١٢٦﴾

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 135/2

[2] ਬਦਲਾ ਲੈਣ ਦੀਆਂ ਕਈ ਸ਼ਕਲਾਂ ਹਨ ਜਿਵੇਂ ਉੱਮੇ-ਮੁਆਵੀਆ ਹਿੰਦਾ ਰ:ਅ: ਨੇ ਅੱਲਾਹ ਦੇ ਰਸੂਲ ਨੂੰ ਬੇਨਤੀ ਕੀਤੀ ਕਿ ਅਬੂ-ਸੁਫ਼ਿਆਨ ਰ:ਅ: ਇਕ ਕੰਜੂਸ ਵਿਅਕਤੀ ਹੈ, ਜੇ ਉਸ ਨੂੰ ਬਿਨਾਂ ਦੱਸੇ ਉਸ ਦੇ ਮਾਲ 'ਚੋਂ ਖ਼ਰਚ ਕਰ ਲਵਾਂ, ਤਾਂ ਕੀ ਗੁਨਾਹ ਹੋਵੇਗਾ? ਆਪ (ਸ:) ਨੇ ਫ਼ਰਮਾਇਆ ਤੂੰ ਅਤੇ ਤੇਰੇ ਬੱਚੇ ਆਪਣੇ ਗੁਜ਼ਾਰੇ ਲਈ ਵਧੀਆ ਤਰੀਕੇ ਨਾਲ ਬਿਨਾਂ ਕੋਈ ਫ਼ਾਲਤੂ ਖ਼ਰਚੇ ਤੋਂ ਲੈ ਸਕਦੇ ਹੋ। (ਸਹੀ ਬੁਖ਼ਾਰੀ, ਹਦੀਸ: 2211)

● ਰਸੂਲ (ਸ:) ਤੋਂ ਪੁੱਛਿਆ ਗਿਆ, ਜਦੋਂ ਤੁਸੀਂ ਸਾਨੂੰ ਬਾਹਰ ਭੇਜਦੇ ਹੋ ਤਾਂ ਕਦੇ ਇੰਜ ਵੀ ਹੁੰਦਾ ਹੈ ਕਿ ਅਸੀਂ ਅਜਿਹੇ ਲੋਕਾਂ ਕੋਲ ਜਾ ਕੇ ਠਹਿਰਦੇ ਹਾਂ ਜਿਹੜੇ ਸਾਡੀ ਮਹਿਮਾਨਦਾਰੀ ਨਹੀਂ ਕਰਦੇ, ਤਾਂ ਇਸ ਸੰਬੰਧ ਵਿਚ ਤੁਹਾਡਾ ਕੀ ਵਿਚਾਰ ਹੈ? ਆਪ (ਸ:) ਨੇ ਫ਼ਰਮਾਇਆ ਜੇ ਤੁਸੀਂ ਕਿਸੇ ਐਸੀ ਥਾਂ ਰੁਕੋ ਅਤੇ ਉਹ ਤੁਹਾਡੀ ਇਸ ਤਰ੍ਹਾਂ ਮਹਿਮਾਨਦਾਰੀ ਕਰਨ ਜਿੱਦਾਂ ਉਹਨਾਂ ਨੂੰ ਕਰਨੀ ਚਾਹੀਦੀ ਹੈ ਤਾਂ ਉਹਨਾਂ ਦੀ ਮਹਿਮਾਨਦਾਰੀ ਕਬੂਲ ਕਰ

ਸਬਰ ਕਰਨ ਵਾਲਿਆਂ ਲਈ ਇਹੋ ਵਧੀਆ ਗੱਲ ਹੈ।

127. ਸੋ ਹੇ ਨਬੀ! ਤੁਸੀਂ ਸਬਰ ਤੋਂ ਕੰਮ ਲਵੋ, ਪਰ ਬਿਨਾਂ ਅੱਲਾਹ ਦੀ ਮਦਦ ਤੋਂ ਤੁਸੀਂ ਸਬਰ ਵੀ ਕਰ ਨਹੀਂ ਕਰ ਸਕਦੇ। ਤੁਸੀਂ ਇਹਨਾਂ (ਇਨਕਾਰੀਆਂ) ਦੀ ਚਿੰਤਾ ਨਾ ਕਰੋ ਅਤੇ ਜੋ ਵੀ ਇਹ ਚਾਲਾਂ ਖੇਡ ਰਹੇ ਹਨ, ਇਹਨਾਂ ਤੋਂ ਦਿਲ ਛੋਟਾ ਨਾ ਕਰੋ।

وَاصْبِرْ وَمَا صَبْرُكَ إِلَّا بِاللَّهِ وَلَا تَحْزَنْ
عَلَيْهِمْ وَلَا تَكُ فِي ضَيْقٍ مِّمَّا يَمْكُرُونَ ﴿127﴾

128. ਸੱਚ ਜਾਣੋਂ ਕਿ ਅੱਲਾਹ ਪਰਹੇਜ਼ਗਾਰ (ਰੱਬ ਤੋਂ ਡਰਨ ਵਾਲੇ) ਅਤੇ ਨੇਕ ਕੰਮ ਕਰਨ ਵਾਲਿਆਂ ਦੇ ਅੰਗ ਸੰਗ ਹੀ ਹੈ।[1]

إِنَّ اللَّهَ مَعَ الَّذِينَ اتَّقَوا وَّالَّذِينَ
هُم مُّحْسِنُونَ ﴿128﴾

ਲੈਣੀ ਚਾਹੀਦੀ ਹੈ ਜੇ ਉਹ ਇੰਜ ਨਾਂ ਕਰਨ ਤਾਂ ਉਹਨਾਂ ਤੋਂ ਆਪਣਾ ਮਹਿਮਾਨਦਾਰੀ ਦਾ ਹੱਕ ਪ੍ਰਾਪਤ ਕਰੋ। (ਸਹੀ ਬੁਖ਼ਾਰੀ, ਹਦੀਸ: 2461)

[1] ਜਿੰਨੀ ਕਿਸੇ ਨੇ ਵਧੀਕੀ ਕੀਤੀ ਹੋਵੇ ਉੱਨਾ ਹੀ ਬਦਲਾ ਲੈਣਾ ਚਾਹੀਦਾ ਹੈ। ਨੇਕੀ ਤੇ ਪਰਹੇਜ਼ਗਾਰੀ ਰੱਬ ਦੀ ਮਿਹਰਾਂ ਰਾਹੀਂ ਪ੍ਰਾਪਤ ਹੁੰਦੀ ਹੈ ਅਤੇ ਬਿਨਾਂ ਅੱਲਾਹ ਦੀ ਰਹਿਮਤ ਤੋਂ ਕਿਸੇ ਦੀ ਮੁਕਤੀ ਦੀ ਆਸ ਨਹੀਂ ਕੀਤੀ ਜਾ ਸਕਦੀ, ਇੱਥੇ ਤਕ ਕਿ ਨਬੀਆਂ ਦੀ ਵੀ ਨਹੀਂ। ਜਿਵੇਂ ਕਿ ਹਦੀਸ ਵਿਚ ਹੈ ਕਿ ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ, ਤੁਹਾਡੇ ਵਿੱਚੋਂ ਕਿਸੇ ਦੇ ਵੀ ਕਰਮ ਉਸ ਨੂੰ ਨਰਕ ਦੀ ਅੱਗ ਤੋਂ ਬਚਾ ਨਹੀਂ ਸਕਣਗੇ। ਲੋਕਾਂ ਨੇ ਪੁੱਛਿਆ ਕਿ ਹੇ ਨਬੀ! ਕੀ ਤੁਹਾਡੇ ਵੀ? ਆਪ ਨੇ ਫ਼ਰਮਾਇਆ, ਹਾਂ। ਮੈਨੂੰ ਵੀ ਨਹੀਂ, ਪਰ ਜੇ ਅੱਲਾਹ ਮੈਨੂੰ ਆਪਣੀਆਂ ਮਿਹਰਾਂ ਵਿੱਚ ਲੁਕਾ ਲਵੇ। ਸੋ ਤੁਸੀਂ ਖ਼ਾਲਿਸ ਅਤੇ ਵਿਚਾਲੇ ਵਾਲੀ ਰਾਹ ਅਪਣਾਉਂਦੇ ਹੋਏ ਨੇਕ ਕਰਮ ਕਰਦੇ ਰਹੋ, ਭਾਵ ਤੁਸੀਂ ਸਿੱਧੀ ਤੇ ਵਿਚਾਲੇ ਵਾਲੀ ਰਾਹ ਦੀ ਨੀਤੀ ਅਪਣਾਓ, ਸਵੇਰੇ-ਸ਼ਾਮ ਅਤੇ ਰਾਤ ਦੇ ਆਖ਼ਰੀ ਹਿੱਸੇ ਵਿਚ ਅੱਲਾਹ ਦੀ ਇਬਾਦਤ ਕਰੋ ਅਤੇ ਸਦਾ ਵਿਚਕਾਰ ਵਾਲੀ ਰਾਹ ਅਪਣਾਓ, ਇੱਥੋਂ ਤਕ ਕਿ ਤੁਸੀਂ ਆਪਣੀ ਇੱਛਾ ਅਨੁਸਾਰ ਜੰਨਤ ਵਿਚ ਜਾ ਪਹੁੰਚੋ। (ਸਹੀ ਬੁਖ਼ਾਰੀ, ਹਦੀਸ: 6463)

17. ਸੂਰਤ ਬਨੀ-ਇਸਰਾਈਲ (ਮੱਕੀ-50)

سُوْرَةُ بَنِيْٓ اِسْرَآءِيْلَ

(ਆਇਤਾਂ 111, ਰੁਕੂਅ 12)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਪਾਕ ਜ਼ਾਤ ਹੈ ਉਹ (ਅੱਲਾਹ) ਜਿਹੜਾ ਆਪਣੇ ਬੰਦੇ (ਮੁਹੰਮਦ ਸ:) ਨੂੰ ਰਾਤ ਦੇ ਇਕ ਹਿੱਸੇ ਵਿਚ ਹੀ ਸਤਿਕਾਰਯੋਗ ਮਸੀਤ (ਖ਼ਾਨਾ-ਕਾਅਬਾ) ਤੋਂ ਮਸਜਿਦੇ-ਅਕਸਾ (ਯੇਰੋਸ਼ਲਮ ਵਿਖੇ ਬੈਤੁਲ-ਮੁਕੱਦਸ) ਤਕ ਲੈ ਗਿਆ, ਜਿਸ ਦੇ ਆਲੇ-ਦੁਆਲੇ ਅਸੀਂ ਬਰਕਤਾਂ ਰੱਖੀਆਂ ਹਨ, ਤਾਂ ਜੋ ਅਸੀਂ ਉਸ (ਮੁਹੰਮਦ) ਨੂੰ ਆਪਣੀਆਂ ਕੁੱਝ ਨਿਸ਼ਾਨੀਆਂ ਵਿਖਾਈਏ।[1] ਬੇਸ਼ੱਕ ਉਹੀਓ (ਅੱਲਾਹ) ਸਭ ਕੁੱਝ ਸੁਣਨ ਵਾਲਾ ਤੇ ਵੇਖਣ ਵਾਲਾ ਹੈ।

سُبْحٰنَ الَّذِيْٓ اَسْرٰى بِعَبْدِهٖ لَيْلًا مِّنَ الْمَسْجِدِ
الْحَرَامِ اِلَى الْمَسْجِدِ الْاَقْصَا الَّذِيْ بٰرَكْنَا حَوْلَهٗ
لِنُرِيَهٗ مِنْ اٰيٰتِنَا ۭ اِنَّهٗ هُوَ السَّمِيْعُ الْبَصِيْرُ ①

[1] ਇਸ ਸੂਰਤ ਵਿਚ ਅੱਲਾਹ ਨੇ ਇਸਰਾ, ਭਾਵ ਖ਼ਾਨਾ-ਕਾਅਬਾ ਤੋਂ ਬੈਤੁਲ ਮੁਕੱਦਸ ਤੱਕ ਮੁਹੰਮਦ (ਸ:) ਨੂੰ ਇਕ ਰਾਤ ਦੇ ਕੁੱਝ ਹਿੱਸੇ ਵਿਚ ਲੈ ਜਾਣ ਦੀ ਚਰਚਾ ਕੀਤੀ ਹੈ ਅਤੇ ਮਿਅਰਾਜ ਭਾਵ ਅਕਾਸ਼ਾਂ ਦੇ ਉੱਪਰ ਲੈ ਕੇ ਜਾਣ ਦੀ ਚਰਚਾ ਸੂਰਤ ਨਜਮ 53 ਵਿਚ ਕੀਤੀ ਗਈ ਹੈ। ਇਹ ਮਿਅਰਾਜ ਦੀ ਪੂਰੀ ਯਾਤਰਾ ਅੱਲਾਹ ਦਾ ਅਨਮੁੱਲਾ ਮੁਅਜਜ਼ਾ (ਚਮਤਕਾਰ) ਹੈ। ਮੁਅਜਜ਼ਾ ਉਸ ਨੂੰ ਕਿਹਾ ਜਾਂਦਾ ਹੈ ਜਿਹੜਾ ਕੇਵਲ ਅੱਲਾਹ ਦੀ ਕੁਦਰਤ ਰਾਹੀਂ ਹੀ ਪ੍ਰਗਟ ਹੁੰਦਾ ਹੈ, ਨਬੀ ਦੀ ਕੁੱਝ ਵੀ ਇੱਛਾ ਇਸ ਵਿਚ ਉੱਕਾ ਹੀ ਨਹੀਂ ਹੁੰਦੀ। ਇਸ ਲਈ ਇਸ ਘਟਨਾ ਨੂੰ ਰੂਹਾਨੀ ਸੈਰ ਜਾਂ ਸੁਪਨਾ ਆਖਣਾ ਉੱਕਾ ਹੀ ਗ਼ਲਤ ਹੈ ਆਪ (ਸ:) ਨੂੰ ਮਿਅਰਾਜ ਜਾਗਣ ਦੀ ਹਾਲਤ ਵਿਚ ਹੀ ਕਰਾਈ ਗਈ ਸੀ। ਇਹ ਸੁਪਨਾ ਆਦਿ ਨਹੀਂ ਸੀ ਜੇ ਇੰਜ ਹੁੰਦਾ ਤਾਂ ਕਾਫ਼ਿਰਾਂ ਨੂੰ ਇਸ ਨੂੰ ਝੁਠਲਾਉਣ ਦੀ ਕੀ ਲੋੜ ਪਈ ਸੀ? ਪਰ ਕਾਫ਼ਿਰਾਂ ਨੇ ਇਸ ਨੂੰ ਝੁਠਲਾਇਆ ਅਤੇ ਨਬੀ (ਸ:) ਨੂੰ ਉਹਨਾਂ ਦੇ ਤਿੱਖੇ ਸਵਾਲਾਂ ਨੂੰ ਬਰਦਾਸ਼ਤ ਕਰਨਾ ਪਿਆ। ਜੇ ਇਹ ਸੁਪਨਾ ਹੁੰਦਾ ਤਾਂ ਨਬੀ (ਸ:) ਆਸਾਨੀ ਨਾਲ ਇਹ ਕਹਿ ਕੇ ਪਿੱਛਾ ਛੁੜਾ ਸਕਦੇ ਸੀ ਕਿ ਮੈਂ ਤਾਂ ਆਪਣਾ ਸੁਪਨਾ ਦੱਸ ਰਿਹਾ ਹਾਂ ਤੁਸੀਂ ਮੈਥੋਂ ਇਹ ਸਵਾਲ ਕਿਉਂ ਕਰ ਰਹੇ ਹੋ? ਪਰ ਆਪ (ਸ:) ਨੇ ਇਹ ਨਹੀਂ ਕਿਹਾ ਸਗੋਂ ਜਵਾਬ ਦੇਣ ਵਿਚ ਅੜੀਕਾ ਲੱਗ ਰਿਹਾ ਸੀ ਜਿਸ ਕਰਕੇ ਅੱਲਾਹ ਨੇ ਬੈਤੁਲ ਮੁਕੱਦਸ ਨੂੰ ਹੀ ਆਪ ਜੀ ਦੇ ਸਾਹਮਣੇ ਕਰ ਦਿੱਤਾ। ਜਿਵੇਂ ਹਦੀਸ ਵਿਚ ਹੈ ਜਦੋਂ ਕੁਰੈਸ਼ ਨੇ ਮੈਨੂੰ ਝੁਠਲਾਇਆ ਤਾਂ ਮੈਂ ਹਤੀਮ (ਇਕ ਥਾਂ ਦਾ ਨਾਂ) ਵਿਚ ਖੜ੍ਹਾ ਹੋ ਗਿਆ ਤਾਂ ਅੱਲਾਹ ਨੇ ਬੈਤੁਲ ਮੁਕੱਦਸ ਮੇਰੇ ਅੱਗੇ ਕਰ ਦਿੱਤਾ ਮੈਂ ਉਹਨਾਂ ਕੁਰੈਸ਼ੀਆਂ ਨੂੰ ਉਸ ਦੀਆਂ ਨਿਸ਼ਾਨੀਆਂ ਦੱਸਣੀਆਂ ਸ਼ੁਰੂ ਕਰ ਦਿੱਤੀਆਂ ਜਦੋਂ ਮੈਂ ਉਸ ਦੇ ਵੱਲ ਵੇਖ ਰਿਹਾ ਸੀ। (ਸਹੀ ਬੁਖ਼ਾਰੀ, ਹਦੀਸ: 3886)

وَاٰتَيْنَا مُوْسَى الْكِتٰبَ وَجَعَلْنٰهُ هُدًى لِّبَنِيْۤ
اِسْرَآءِيْلَ اَلَّا تَتَّخِذُوْا مِنْ دُوْنِيْ وَكِيْلًا ؕ ۲

2. ਅਸੀਂ ਮੂਸਾ ਨੂੰ ਕਿਤਾਬ (ਤੌਰੈਤ) ਦਿੱਤੀ ਸੀ ਅਤੇ ਉਸ ਨੂੰ ਬਨੀ ਇਸਰਾਈਲ ਲਈ ਮਾਰਗ ਦਰਸ਼ਕ ਬਣਾਇਆ ਅਤੇ ਕਿਹਾ ਸੀ ਕਿ ਤੁਸੀਂ ਛੁੱਟ ਮੈਥੋਂ ਹੋਰ ਕਿਸੇ ਨੂੰ ਆਪਣਾ ਵਕੀਲ (ਕਾਰਜ ਸਾਧਕ) ਨਾ ਠਹਿਰਾਓ।

ذُرِّيَّةَ مَنْ حَمَلْنَا مَعَ نُوْحٍ ؕ اِنَّهٗ كَانَ عَبْدًا
شَكُوْرًا ۳

3. (ਹੇ ਲੋਕੋ!) ਤੁਸੀਂ ਸਾਰੇ ਹੀ ਉਹਨਾਂ ਲੋਕਾਂ ਦੀ ਨਸਲ 'ਚੋਂ ਹੋ ਜਿਨ੍ਹਾਂ ਨੂੰ ਅਸੀਂ ਨੂਹ ਦੇ ਨਾਲ (ਬੇੜੀ 'ਤੇ) ਸਵਾਰ ਕੀਤਾ ਸੀ। ਬੇਸ਼ੱਕ ਉਹ (ਨੂਹ, ਅੱਲਾਹ ਦਾ) ਧੰਨਵਾਦੀ ਬੰਦਾ ਸੀ।

وَقَضَيْنَاۤ اِلٰى بَنِيْۤ اِسْرَآءِيْلَ فِى الْكِتٰبِ لَتُفْسِدُنَّ
فِى الْاَرْضِ مَرَّتَيْنِ وَلَتَعْلُنَّ عُلُوًّا كَبِيْرًا ۴

4. ਅਸੀਂ ਬਨੀ-ਇਸਰਾਈਲ ਨੂੰ ਉਹਨਾਂ ਦੀ ਕਿਤਾਬ (ਤੌਰੈਤ) ਵਿਚ ਸਾਫ਼-ਸਾਫ਼ ਸੁਚੇਤ ਕਰ ਦਿੱਤਾ ਸੀ ਕਿ ਤੁਸੀਂ ਧਰਤੀ 'ਤੇ ਦੋ ਵਾਰੀ ਫ਼ਸਾਦ ਕਰੋਗੇ ਤੇ ਵੱਡੀ ਸਰਕਸ਼ੀ ਕਰੋਗੇ।

فَاِذَا جَآءَ وَعْدُ اُوْلٰىهُمَا بَعَثْنَا عَلَيْكُمْ عِبَادًا
لَّنَاۤ اُولِيْ بَاْسٍ شَدِيْدٍ فَجَاسُوْا خِلٰلَ الدِّيَارِ ؕ
وَكَانَ وَعْدًا مَّفْعُوْلًا ۵

5. ਜਦੋਂ ਦੋਵਾਂ ਵਾਅਦਿਆਂ ਵਿੱਚੋਂ ਪਹਿਲੇ ਵਾਅਦੇ ਦਾ ਸਮਾਂ ਆਇਆ ਤਾਂ (ਹੇ ਬਨੀ ਇਸਰਾਈਲੀਓ!) ਅਸੀਂ ਤੁਹਾਡੇ 'ਤੇ ਬਹੁਤ ਹੀ ਲੜਾਕੂ ਬੰਦੇ ਭੇਜੇ ਉਹ ਸ਼ਹਿਰਾਂ ਵਿਚ ਫ਼ਸਾਦ ਫੈਲਾਉਣ ਲਈ ਹਰ ਪਾਸੇ ਫੈਲ ਗਏ। ਇਹ ਇਕ ਵਚਨ ਸੀ ਜਿਹੜਾ ਪੂਰਾ ਹੋਣਾ ਹੀ ਸੀ।

ثُمَّ رَدَدْنَا لَكُمُ الْكَرَّةَ عَلَيْهِمْ وَاَمْدَدْنٰكُمْ بِاَمْوَالٍ
وَّبَنِيْنَ وَجَعَلْنٰكُمْ اَكْثَرَ نَفِيْرًا ۶

6. ਫੇਰ ਅਸੀਂ ਉਹਨਾਂ (ਲੜਾਕੂਆਂ) 'ਤੇ ਤੁਹਾਨੂੰ ਜਿੱਤ ਦੇ ਕੇ ਤੁਹਾਡੇ ਦਿਨ ਫੇਰ ਦਿੱਤੇ ਅਤੇ ਧੰਨ ਦੌਲਤ ਅਤੇ ਔਲਾਦ ਨਾਲ ਤੁਹਾਡੀ ਮਦਦ ਕੀਤੀ ਅਤੇ ਤੁਹਾਡੀ ਸੰਖਿਆ ਵਿਚ ਵੀ ਵਾਧਾ ਕੀਤਾ।

اِنْ اَحْسَنْتُمْ اَحْسَنْتُمْ لِاَنْفُسِكُمْ ۚ وَاِنْ اَسَاْتُمْ فَلَهَا ؕ
فَاِذَا جَآءَ وَعْدُ الْاٰخِرَةِ لِيَسُوْٓءٗا وُجُوْهَكُمْ وَلِيَدْخُلُوا
الْمَسْجِدَ كَمَا دَخَلُوْهُ اَوَّلَ مَرَّةٍ وَّلِيُتَبِّرُوْا مَا عَلَوْا
تَتْبِيْرًا ۷

7. ਜੇ ਤੁਸੀਂ ਭਲਾਈ ਕਰੋਗੇ ਤਾਂ ਆਪਣੇ ਲਈ ਹੀ ਕਰੋਗੇ ਜੇ ਬੁਰਾਈ ਕਰੋਗੇ ਤਾਂ ਉਹ ਵੀ ਆਪਣੇ ਲਈ ਹੀ ਹੋਵੇਗੀ ਫੇਰ ਜਦੋਂ ਦੂਜੇ ਵਾਅਦੇ ਦਾ ਸਮਾਂ ਆਇਆ (ਤਾਂ ਇਕ ਦੂਜੀ ਕੌਮ ਤੁਹਾਡੇ 'ਤੇ ਕਾਬੂ ਹੋ ਗਈ), ਤਾਂ ਜੋ ਉਹ (ਮਾਰ ਮਾਰ ਕੇ) ਤੁਹਾਡੇ ਚਿਹਰਿਆਂ ਨੂੰ ਵਿਗਾੜ ਸੁੱਟਣ ਅਤੇ ਮਸੀਤ

(ਬੈਤੁਲ ਮੁਕੱਦਸ) ਵਿਚ ਦਾਖ਼ਲ ਹੋ ਜਾਣ, ਜਿਵੇਂ ਇਸ ਵਿਚ ਪਹਿਲੀ ਵਾਰ ਦਾਖ਼ਲ ਹੋਏ ਸਨ, ਤਾਂ ਜੋ ਜਿਸ 'ਤੇ ਵੀ ਉਨ੍ਹਾਂ ਦਾ ਜ਼ੋਰ ਚੱਲੇ, ਉਸ ਨੂੰ ਉੱਕਾ ਹੀ ਬਰਬਾਦ ਕਰ ਦੇਣ।

8. ਹੋ ਸਕਦਾ ਹੈ ਕਿ ਤੁਹਾਡਾ ਰੱਬ ਤੁਹਾਡੇ 'ਤੇ ਰਹਿਮ ਕਰੇ। ਹਾਂ! ਜੇ ਤੁਸੀਂ ਫੇਰ ਉਹੀਓ ਚੱਜ ਕਰਨ ਲੱਗ ਪਏ ਤਾਂ ਅਸੀਂ ਵੀ ਪਹਿਲਾਂ ਵਾਂਗ ਹੀ ਕਰਾਂਗੇ। ਅਸੀਂ ਨਰਕ ਨੂੰ ਇਕ ਕੈਦ ਖ਼ਾਨਾ ਬਣਾ ਛੱਡਿਆ ਹੈ।

عَسَىٰ رَبُّكُمْ أَن يَرْحَمَكُمْ ۚ وَإِنْ عُدتُّمْ عُدْنَا ۘ
وَجَعَلْنَا جَهَنَّمَ لِلْكَافِرِينَ حَصِيرًا ٨

9. ਹਕੀਕਤ ਵਿਚ ਇਹ ਕੁਰਆਨ ਉਹ ਰਾਹ ਵਿਖਾਉਂਦਾ ਹੈ ਜਿਹੜਾ ਬਹੁਤ ਹੀ ਸਿੱਧਾ ਹੈ ਅਤੇ ਉਨ੍ਹਾਂ ਈਮਾਨ ਵਾਲਿਆਂ ਨੂੰ ਜਿਹੜੇ ਨੇਕ ਕੰਮ ਕਰਦੇ ਹਨ, ਇਸ ਗੱਲ ਦੀ ਖ਼ੁਸ਼ਖ਼ਬਰੀ ਦਿੰਦਾ ਹੈ ਕਿ ਉਹਨਾਂ ਲਈ ਬਹੁਤ ਹੀ ਵੱਡਾ ਅਜਰ (ਬਦਲਾ) ਹੈ।

إِنَّ هَٰذَا الْقُرْآنَ يَهْدِي لِلَّتِي هِيَ أَقْوَمُ وَيُبَشِّرُ
الْمُؤْمِنِينَ الَّذِينَ يَعْمَلُونَ الصَّالِحَاتِ أَنَّ لَهُمْ
أَجْرًا كَبِيرًا ٩

10. ਅਤੇ ਜਿਹੜੇ ਲੋਕ ਆਖ਼ਿਰਤ 'ਤੇ ਯਕੀਨ ਨਹੀਂ ਰੱਖਦੇ ਉਹਨਾਂ ਲਈ ਦਰਦਨਾਕ ਅਜ਼ਾਬ ਤਿਆਰ ਕੀਤਾ ਗਿਆ ਹੈ।

وَأَنَّ الَّذِينَ لَا يُؤْمِنُونَ بِالْآخِرَةِ أَعْتَدْنَا لَهُمْ
عَذَابًا أَلِيمًا ١٠

11 ਮਨੁੱਖ (ਆਪਣੇ ਲਈ) ਬੁਰਾਈ ਦੀ ਦੁਆਵਾਂ ਇਸ ਤਰ੍ਹਾਂ ਮੰਗਦਾ ਹੈ ਜਿਵੇਂ ਉਸ ਦੀ ਭਲਾਈ ਦੀ ਦੁਆ ਹੋਵੇ। ਮਨੁੱਖ (ਸੁਭਾ ਵਜੋਂ) ਬਹੁਤ ਹੀ ਕਾਹਲਾ ਹੈ।

وَيَدْعُ الْإِنسَانُ بِالشَّرِّ دُعَاءَهُ بِالْخَيْرِ ۖ
وَكَانَ الْإِنسَانُ عَجُولًا ١١

12. ਅਸੀਂ ਰਾਤ ਤੇ ਦਿਨ ਨੂੰ (ਕੁਦਰਤ ਦੀਆਂ) ਦੋ ਨਿਸ਼ਾਨੀਆਂ ਵਜੋਂ ਬਣਾਇਆ ਹੈ, ਰਾਤ ਦੀ ਨਿਸ਼ਾਨੀ (ਚੰਨ) ਨੂੰ ਤਾਂ ਅਸੀਂ ਬੇ-ਨੂਰ ਕਰ ਦਿੱਤਾ ਤੇ ਦਿਨ ਦੀ ਨਿਸ਼ਾਨੀ (ਸੂਰਜ) ਨੂੰ ਰੁਸ਼ਨਾ ਦਿੱਤਾ ਤਾਂ ਜੋ ਤੁਸੀਂ ਆਪਣੇ ਰੱਬ ਦਾ ਫ਼ਜ਼ਲ (ਰੋਟੀ ਰੋਜ਼ੀ) ਦੀ ਭਾਲ ਕਰ ਸਕੋ ਅਤੇ ਇਸ ਲਈ ਵੀ ਕਿ ਵਰ੍ਹਿਆਂ ('ਤੇ ਮਹੀਨਿਆਂ) ਦਾ ਹਿਸਾਬ ਜਾਣ ਸਕੋ। ਅਸੀਂ ਹਰੇਕ ਚੀਜ਼ ਦੀ ਚੰਗੀ ਤਰ੍ਹਾਂ ਵਿਆਖਿਆ ਕੀਤੀ ਹੈ।

وَجَعَلْنَا اللَّيْلَ وَالنَّهَارَ آيَتَيْنِ ۖ فَمَحَوْنَا آيَةَ اللَّيْلِ
وَجَعَلْنَا آيَةَ النَّهَارِ مُبْصِرَةً لِّتَبْتَغُوا فَضْلًا
مِّن رَّبِّكُمْ وَلِتَعْلَمُوا عَدَدَ السِّنِينَ وَالْحِسَابَ ۚ
وَكُلَّ شَيْءٍ فَصَّلْنَاهُ تَفْصِيلًا ١٢

وَكُلَّ إِنسَٰنٍ أَلْزَمْنَٰهُ طَٰٓئِرَهُۥ فِى عُنُقِهِۦ ۖ وَنُخْرِجُ لَهُۥ يَوْمَ ٱلْقِيَٰمَةِ كِتَٰبًا يَلْقَىٰهُ مَنشُورًا ﴿١٣﴾

13 ਅਸੀਂ ਹਰੇਕ ਮਨੁੱਖ ਦੀ ਕਰਮ-ਪਤਰੀ ਨੂੰ ਉਸ ਦੀ ਗਰਦਨ ਵਿਚ ਪਾ ਛੱਡਿਆ ਹੈ ਅਤੇ ਕਿਆਮਤ ਦਿਹਾੜੇ ਅਸੀਂ ਉਸ ਦੇ ਸਾਹਮਣੇ ਇਕ ਕਿਤਾਬ ਪੇਸ਼ ਕਰਾਂਗੇ ਜਿਸ ਨੂੰ ਉਹ ਆਪਣੇ ਸਾਹਮਣੇ ਖੁੱਲ੍ਹੀ ਵੇਖੇਗਾ।

ٱقْرَأْ كِتَٰبَكَ كَفَىٰ بِنَفْسِكَ ٱلْيَوْمَ عَلَيْكَ حَسِيبًا ﴿١٤﴾

14. ਆਖਿਆ ਜਾਵੇਗਾ ਕਿ ਤੂੰ ਆਪ ਹੀ ਆਪਣੀ (ਕਰਮਾਂ ਵਾਲੀ) ਕਿਤਾਬ ਪੜ੍ਹ ਲੈ, ਅੱਜ ਤੂੰ ਆਪ ਹੀ ਆਪਣਾ ਹਿਸਾਬ ਲੈਣ ਲਈ ਬਥੇਰਾ ਹੈ।

مَّنِ ٱهْتَدَىٰ فَإِنَّمَا يَهْتَدِى لِنَفْسِهِۦ ۖ وَمَن ضَلَّ فَإِنَّمَا يَضِلُّ عَلَيْهَا ۚ وَلَا تَزِرُ وَازِرَةٌ وِزْرَ أُخْرَىٰ ۗ وَمَا كُنَّا مُعَذِّبِينَ حَتَّىٰ نَبْعَثَ رَسُولًا ﴿١٥﴾

15. ਜਿਹੜਾ ਕੋਈ ਸਿੱਧੀ ਰਾਹ ਪ੍ਰਾਪਤ ਕਰਦਾ ਹੈ ਤਾਂ ਉਸ ਦਾ ਲਾਭ ਉਸੇ ਨੂੰ ਹੀ ਹੁੰਦਾ ਹੈ ਅਤੇ ਜਿਹੜਾ ਰਾਹੋਂ ਭੱਟਕ ਜਾਵੇ ਤਾਂ ਉਹ ਆਪਣੇ ਆਪ ਨੂੰ ਹੀ ਕੁਰਾਹੇ ਪਾਉਂਦਾ ਹੈ। (ਕਿਆਮਤ ਦਿਹਾੜੇ) ਕੋਈ ਭਾਰ ਚੁੱਕਣ ਵਾਲਾ ਕਿਸੇ ਦੂਜੀ ਦਾ ਭਾਰ ਨਹੀਂ ਚੁੱਕੇਗਾ। ਅਸੀਂ ਉਸ ਸਮੇਂ ਤਕ ਕਿਸੇ (ਕੌਮ) ਨੂੰ ਅਜ਼ਾਬ ਨਹੀਂ ਦਿੰਦੇ ਜਦੋਂ ਤਕ ਕੋਈ ਰਸੂਲ ਨਾ ਭੇਜ ਦਈਏ।

وَإِذَآ أَرَدْنَآ أَن نُّهْلِكَ قَرْيَةً أَمَرْنَا مُتْرَفِيهَا فَفَسَقُوا۟ فِيهَا فَحَقَّ عَلَيْهَا ٱلْقَوْلُ فَدَمَّرْنَٰهَا تَدْمِيرًا ﴿١٦﴾

16. ਜਦੋਂ ਅਸੀਂ ਕਿਸੇ ਬਸਤੀ ਨੂੰ ਬਰਬਾਦ ਕਰਨਾ ਚਾਹੁੰਦੇ ਹਾਂ ਤਾਂ ਉੱਥੇ ਦੇ ਖ਼ੁਸ਼ਹਾਲ ਲੋਕਾਂ ਨੂੰ ਆਦੇਸ਼ ਦਿੰਦੇ ਹਾਂ ਅਤੇ ਉਹ ਉਸ ਬਸਤੀ ਵਿਚ (ਖੁੱਲ੍ਹੇ ਤੌਰ 'ਤੇ) ਨਾ-ਫ਼ਰਮਾਨੀਆਂ ਕਰਨ ਲੱਗ ਪੈਂਦੇ ਹਨ ਅਤੇ ਇੰਜ ਉਸ (ਬਸਤੀ ਵਾਲਿਆਂ) 'ਤੇ ਅਜ਼ਾਬ ਦਾ ਆਉਣਾ ਢੁੱਕ ਜਾਂਦਾ ਹੈ ਅਤੇ ਫੇਰ ਅਸੀਂ ਉਸ (ਬਸਤੀ) ਨੂੰ ਉਜਾੜ ਕੇ ਰੱਖ ਦਿੰਦੇ ਹਾਂ।

---

1 ਇਹ ਕਰਮ ਉਹ ਹੋਣਗੇ ਜਿਹੜੇ ਮਨੁੱਖ ਸੰਸਾਰ ਵਿਚ ਕਰਕੇ ਗਿਆ ਹੈ ਚੰਗੇ ਜਾਂ ਮੰਦੇ ਦੋਵੇਂ ਤਰ੍ਹਾਂ ਦੇ ਕਰਮ ਮਨੁੱਖ ਅੱਗੇ ਰੱਖੇ ਜਾਣਗੇ ਅਤੇ ਉਹਨਾਂ ਦੀ ਰੌਸ਼ਨੀ ਵਿਚ ਉਸ ਦੇ ਜੰਨਤ ਜਾਂ ਨਰਕ ਵਿਚ ਜਾਣ ਦਾ ਫ਼ੈਸਲਾ ਕੀਤਾ ਜਾਵੇਗਾ। ਇਸ ਲਈ ਜ਼ਰੂਰੀ ਹੋ ਜਾਂਦਾ ਹੈ ਕਿ ਮਨੁੱਖ ਸੰਸਾਰ ਵਿਚ ਵੱਧ ਤੋਂ ਵੱਧ ਚੰਗੇ ਕਰਮ ਕਰੇ ਨਬੀ (ਸ:) ਨੇ ਫ਼ਰਮਾਇਆ 1. ਨਿੱਤ ਰੋਜ਼ ਪੰਜ ਵੇਲੇ ਦੀਆਂ ਨਮਾਜ਼ਾਂ ਉਹਨਾਂ ਦੇ ਸਮਾਂ ਹੋਣ 'ਤੇ ਅਦਾ ਕਰਨੀਆਂ। 2 ਮਾਪਿਆਂ ਨਾਲ ਨੇਕੀ ਵਾਲਾ ਵਰਤਾਓ ਅਤੇ ਉਹਨਾਂ ਦੀ ਆਗਿਆ ਦਾ ਪਾਲਣ ਕਰਨਾ। 3. ਅੱਲਾਹ ਦੀ ਰਾਹ ਵਿਚ ਜਿਹਾਦ ਕਰਨਾ, ਨੇਕੀ ਵਾਲੇ ਕਰਮ ਹਨ। (ਸਹੀ ਬੁਖ਼ਾਰੀ, ਹਦੀਸ: 7534)

17. ਅਸਾਂ ਨੂਹ ਤੋਂ ਮਗਰੋਂ ਕਿੰਨੀਆਂ ਹੀ ਕੌਮਾਂ ਹਲਾਕ ਕੀਤੀਆਂ ਹਨ। (ਹੇ ਨਬੀ) ਤੇਰਾ ਰੱਬ ਆਪਣੇ ਬੰਦਿਆਂ ਦੇ ਅਪਰਾਧਾਂ ਤੋਂ ਭਲੀ-ਭਾਂਤ ਜਾਣੂ ਹੈ, ਉਹ ਸਭ ਕੁੱਝ ਵੇਖਣ ਵਾਲਾ ਹੈ।

وَكَمْ أَهْلَكْنَا مِنَ الْقُرُونِ مِنْ بَعْدِ نُوحٍ ۗ وَكَفَىٰ بِرَبِّكَ بِذُنُوبِ عِبَادِهِ خَبِيرًا بَصِيرًا (17)

18. ਜਿਹੜਾ ਕੋਈ ਛੇਤੀ ਮਿਲਣ ਵਾਲਾ (ਸੰਸਾਰ) ਚਾਹੁੰਦਾ ਹੈ ਤਾਂ ਅਸੀਂ ਇਸੇ ਸੰਸਾਰ ਵਿਚ ਜਿਸ ਦੇ ਲਈ ਚਾਹੁੰਦੇ ਹਾਂ ਅਤੇ ਜਿੰਨਾ ਚਾਹੁੰਦੇ ਹਾਂ ਛੇਤੀ ਹੀ ਬਖ਼ਸ਼ ਦਿੰਦੇ ਹਾਂ, ਫੇਰ ਉਸ ਲਈ ਨਰਕ ਵਿਚ ਜਾਣਾ ਲਾਜ਼ਮੀ ਹੋ ਜਾਂਦਾ ਹੈ ਉਹ ਇਸ ਵਿਚ ਰੁਸਵਾਈ ਨਾਲ ਧੱਕੇ ਖਾਂਦਾ ਹੋਇਆ ਦਾਖ਼ਲ ਹੋਵੇਗਾ।

مَنْ كَانَ يُرِيدُ الْعَاجِلَةَ عَجَّلْنَا لَهُ فِيهَا مَا نَشَاءُ لِمَنْ نُرِيدُ ثُمَّ جَعَلْنَا لَهُ جَهَنَّمَ يَصْلَاهَا مَذْمُومًا مَدْحُورًا (18)

19 ਅਤੇ ਜਿਹੜਾ ਆਖ਼ਿਰਤ ਚਾਹੁੰਦਾ ਹੈ ਅਤੇ ਉਸ ਦੇ ਲਈ ਪੂਰੇ ਜਤਨ ਵੀ ਕਰਦਾ ਹੈ ਜਦ ਕਿ ਉਹ ਈਮਾਨ ਵਾਲਾ ਵੀ ਹੈ, ਇਹੋ ਉਹ ਲੋਕ ਹਨ ਜਿਨ੍ਹਾਂ ਦੇ ਜਤਨਾਂ ਦੀ ਕਦਰ ਕੀਤੀ ਜਾਵੇਗੀ।

وَمَنْ أَرَادَ الْآخِرَةَ وَسَعَىٰ لَهَا سَعْيَهَا وَهُوَ مُؤْمِنٌ فَأُولَٰئِكَ كَانَ سَعْيُهُمْ مَشْكُورًا (19)

20. (ਹੇ ਨਬੀ! ਸੰਸਾਰ ਵਿਚ) ਅਸੀਂ ਹਰੇਕ ਨੂੰ ਤੇਰੇ ਰੱਬ ਦੀਆਂ ਬਖ਼ਸ਼ਿਸ਼ਾਂ ਨਾਲ ਨਿਵਾਜਦੇ ਹਾਂ, ਉਹਨਾਂ (ਇਨਕਾਰੀਆਂ) ਨੂੰ ਵੀ (ਨਿਵਾਜਦੇ ਹਾਂ) ਅਤੇ ਉਹਨਾਂ (ਈਮਾਨ ਵਾਲਿਆਂ) ਨੂੰ ਵੀ। ਤੇਰੇ ਰੱਬ ਦੀਆਂ ਬਖ਼ਸ਼ਿਸ਼ਾਂ ਨੂੰ ਕੋਈ ਰੋਕ ਨਹੀਂ ਸਕਦਾ।

كُلًّا نُمِدُّ هَٰؤُلَاءِ وَهَٰؤُلَاءِ مِنْ عَطَاءِ رَبِّكَ ۚ وَمَا كَانَ عَطَاءُ رَبِّكَ مَحْظُورًا (20)

21. ਵੇਖੋ ਅਸੀਂ ਇਹਨਾਂ ਵਿੱਚੋਂ ਇਕ ਨੂੰ ਦੂਜੇ 'ਤੇ ਕਿਵੇਂ ਵਡਿਆਈ ਦੇ ਛੱਡੀ ਹੈ ਅਤੇ ਪਰਲੋਕ ਤਾਂ ਦਰਜਿਆਂ ਵਿਚ ਹੋਰ ਵੀ ਵਧੀ ਹੋਈ ਹੈ ਅਤੇ ਉਹ ਵਡਿਆਈ ਦੇਣ ਵਿਚ ਵੀ ਕਈ ਗੁਣਾ ਵਧੀ ਹੋਈ ਹੈ।

انْظُرْ كَيْفَ فَضَّلْنَا بَعْضَهُمْ عَلَىٰ بَعْضٍ ۚ وَلَلْآخِرَةُ أَكْبَرُ دَرَجَاتٍ وَأَكْبَرُ تَفْضِيلًا (21)

22 (ਹੇ ਨਬੀ!) ਤੁਸੀਂ ਅੱਲਾਹ ਦੇ ਨਾਲ ਕੋਈ ਹੋਰ ਇਸ਼ਟ ਨਾ ਬਣਾਓ ਨਹੀਂ ਤਾਂ ਤੁਸੀਂ ਭੰਡੇ ਹੋਏ ਤੇ ਬੇਆਸਰਾ ਹੋਕੇ ਬੈਠੇ ਰਹਿ ਜਾਓਗੇ।

لَا تَجْعَلْ مَعَ اللَّهِ إِلَٰهًا آخَرَ فَتَقْعُدَ مَذْمُومًا مَخْذُولًا (22)

وَقَضَىٰ رَبُّكَ أَلَّا تَعْبُدُوا إِلَّا إِيَّاهُ وَبِالْوَالِدَيْنِ إِحْسَانًا ۚ
إِمَّا يَبْلُغَنَّ عِندَكَ الْكِبَرَ أَحَدُهُمَا أَوْ كِلَاهُمَا
فَلَا تَقُل لَّهُمَا أُفٍّ وَلَا تَنْهَرْهُمَا وَقُل لَّهُمَا
قَوْلًا كَرِيمًا ﴿23﴾

23 ਤੁਹਾਡਾ ਰੱਬ ਹੁਕਮ ਦੇ ਚੁਕਿਆ ਹੈ ਕਿ ਤੁਸੀਂ ਉਸ (ਅੱਲਾਹ) ਤੋਂ ਛੁੱਟ ਕਿਸੇ ਹੋਰ ਦੀ ਬੰਦਗੀ ਨਾ ਕਰੋ ਅਤੇ ਮਾਪਿਆਂ ਨਾਲ ਸੋਹਣਾ ਵਿਹਾਰ ਕਰੋ। ਜੇ ਤੁਹਾਡੇ ਸਾਹਮਣੇ ਇਹਨਾਂ ਦੋਵਾਂ (ਮਾਂ-ਪਿਓ) ਵਿੱਚੋਂ ਇਕ ਜਾਂ ਦੋਵੇਂ ਬਿਰਧ-ਅਵਸਥਾ ਵਿਚ ਪਹੁੰਚ ਜਾਣ ਤਾਂ ਉਹਨਾਂ ਦੇ ਅੱਗੇ ਉਫ਼ ਤਕ ਨਾ ਕਰੋ (ਭਾਵ ਸੀ ਤਕ ਨਾ ਵੱਟੋ) ਅਤੇ ਨਾ ਹੀ ਉਹਨਾਂ ਨੂੰ (ਉੱਤਰ ਵਿਚ) ਝਿੜਕੀਆਂ ਦਿਓ ਸਗੋਂ ਉਹਨਾਂ ਨਾਲ ਨਰਮਾਈ (ਭਾਵ ਸਤਿਕਾਰ) ਨਾਲ ਹੀ ਗੱਲ ਬਾਤ ਕਰੋ।

وَاخْفِضْ لَهُمَا جَنَاحَ الذُّلِّ مِنَ الرَّحْمَةِ وَقُل
رَّبِّ ارْحَمْهُمَا كَمَا رَبَّيَانِي صَغِيرًا ﴿24﴾

24. ਮਿਹਰਾਂ ਤੇ ਨਿਮਰਤਾ ਸਹਿਤ ਉਹਨਾਂ ਦੇ ਸਾਮ੍ਹਣੇ ਆਪਣੇ ਮੋਢਿਆਂ ਨੂੰ ਝੁਕਾ ਕੇ ਰੱਖੋ ਅਤੇ ਦੁਆ ਕਰਿਆ ਕਰੋ ਕਿ ਹੇ ਮੇਰੇ ਰੱਬਾ! ਇਹਨਾਂ (ਮੇਰੇ ਮਾਂ-ਬਾਪ) 'ਤੇ ਮਿਹਰਾਂ ਫ਼ਰਮਾ ਜਿਸ ਤਰ੍ਹਾਂ (ਮਿਹਰ ਮੁਹੱਬਤ ਨਾਲ) ਉਨ੍ਹਾਂ ਨੇ ਬਚਪਣ ਵਿਚ ਮੇਰੀ ਪਰਵਰਿਸ਼ ਕੀਤੀ ਹੈ।

رَّبُّكُمْ أَعْلَمُ بِمَا فِي نُفُوسِكُمْ ۚ إِن تَكُونُوا
صَالِحِينَ فَإِنَّهُ كَانَ لِلْأَوَّابِينَ غَفُورًا ﴿25﴾

25. ਜੋ ਕੁੱਝ ਵੀ ਤੁਹਾਡੇ ਦਿਲਾਂ ਵਿਚ ਹੈ ਤੁਹਾਡਾ ਰੱਬ ਚੰਗੀ ਤਰ੍ਹਾਂ ਜਾਣਦਾ ਹੈ। ਜੇ ਤੁਸੀਂ ਨੇਕ ਬਣ ਗਏ ਹੋ ਤਾਂ ਉਹ ਆਪਣੇ ਵੱਲ ਪਰਤ ਆਉਣ ਵਾਲਿਆਂ ਲਈ ਅਤਿ ਬਖ਼ਸ਼ਣਹਾਰ ਹੈ।[1]

وَآتِ ذَا الْقُرْبَىٰ حَقَّهُ وَالْمِسْكِينَ وَابْنَ السَّبِيلِ
وَلَا تُبَذِّرْ تَبْذِيرًا ﴿26﴾

26. ਰਿਸ਼ਤੇਦਾਰਾਂ, ਮਸਕੀਨਾਂ ਅਤੇ ਮੁਸਾਫ਼ਿਰਾਂ ਦਾ ਹੱਕ ਅਦਾ ਕਰੋ ਅਤੇ ਫ਼ਜ਼ੂਲ ਖ਼ਰਚੀ ਨਾਲ ਆਪਣਾ ਮਾਲ ਨਾ ਉਡਾਓ।[2]

---

[1] ਇਸ ਵਿਚ ਸੋਹਣੇ ਵਰਤਾਵੇ ਦੀ ਸਿੱਖਿਆ ਦਿੱਤੀ ਗਈ ਹੈ। (ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 83/2)

[2] ਭਾਵ ਖ਼ਰਚ ਕਰਦੇ ਹੋਏ ਵਿਚਕਾਰ ਵਾਲੀ ਰਾਹ ਨੂੰ ਹੀ ਅਪਣਾਉਣਾ ਚਾਹੀਦਾ ਹੈ ਭਾਵ ਨਾ ਹੀ ਵਾਧੂ ਖ਼ਰਚ ਕਰਨਾ ਚਾਹੀਦਾ ਹੈ ਅਤੇ ਨਾ ਹੀ ਕੰਜੂਸੀ ਕਰਨੀ ਚਾਹੀਦੀ ਹੈ ਅਤੇ ਨਾ ਹੀ ਅੱਲਾਹ ਅਤੇ ਰਸੂਲ ਦੀ ਵਿਰੋਧਤਾ ਵਿਚ ਖ਼ਰਚ ਕਰਨਾ ਚਾਹੀਦਾ ਹੈ।

27. ਫ਼ਜ਼ੂਲ (ਲੋੜ ਤੋਂ ਵੱਧ) ਖ਼ਰਚ ਕਰਨ ਵਾਲੇ ਸ਼ੈਤਾਨ ਦੇ ਭਰਾ ਹਨ ਅਤੇ ਸ਼ੈਤਾਨ ਆਪਣੇ ਰੱਬ ਦਾ ਨਾ-ਸ਼ੁਕਰਾ ਹੈ।

إِنَّ الْمُبَذِّرِينَ كَانُوا إِخْوَانَ الشَّيَاطِينِ ۖ وَكَانَ الشَّيْطَانُ لِرَبِّهِ كَفُورًا ﴿٢٧﴾

28. ਜੇ ਤੁਹਾਨੂੰ ਉਹਨਾਂ (ਲੋੜਵੰਦਾਂ ਦੇ ਸਵਾਲਾਂ) ਤੋਂ ਇਸ ਕਰਕੇ ਕੰਨੀ ਕਤਰਾਉਣੀ ਪਵੇ ਕਿ ਹਾਲੇਂ ਤੁਸੀਂ ਆਪ ਹੀ ਅੱਲਾਹ ਦੀ ਮਿਹਰਾਂ ਦੀ ਭਾਲ ਕਰ ਰਹੇ ਹੋ (ਭਾਵ ਕੁਝ ਦੇ ਨਹੀਂ ਸਕਦੇ) ਤਾਂ ਨਰਮਾਈ ਨਾਲ ਜਵਾਬ ਦਿਓ।

وَإِمَّا تُعْرِضَنَّ عَنْهُمُ ابْتِغَاءَ رَحْمَةٍ مِّن رَّبِّكَ تَرْجُوهَا فَقُل لَّهُمْ قَوْلًا مَّيْسُورًا ﴿٢٨﴾

29. ਨਾ ਹੀ ਤੁਸੀਂ ਆਪਣਾ ਹੱਥ ਗਰਦਨ ਨਾਲ ਬੰਨ੍ਹੀਂ ਰੱਖੋ (ਕਿ ਕੰਜੂਸੀ ਕਰੋ) ਅਤੇ ਨਾ ਹੀ ਉਸ ਨੂੰ ਉੱਕਾ ਹੀ ਖੁੱਲ੍ਹਾ ਛੱਡ ਦਿਓ (ਕਿ ਫ਼ਜ਼ੂਲ ਖ਼ਰਚੀ ਹੋਵੇ) ਕਿ ਭੰਡੀ ਕਰਵਾ ਕੇ ਤੇ ਬੇਬਸ ਹੋਕੇ ਬੈਠੇ ਰਹਿ ਜਾਓ।

وَلَا تَجْعَلْ يَدَكَ مَغْلُولَةً إِلَىٰ عُنُقِكَ وَلَا تَبْسُطْهَا كُلَّ الْبَسْطِ فَتَقْعُدَ مَلُومًا مَّحْسُورًا ﴿٢٩﴾

30. ਬੇਸ਼ੱਕ ਤੇਰਾ ਰੱਬ ਜਿਸ ਲਈ ਚਾਹੁੰਦਾ ਹੈ ਉਸ ਲਈ ਖੁੱਲ੍ਹੀ ਡੁੱਲ੍ਹੀ ਰੋਜ਼ੀ ਦਿੰਦਾ ਹੈ ਅਤੇ (ਜੇ ਚਾਹੇ) ਤੰਗ ਵੀ ਕਰ ਦਿੰਦਾ ਹੈ। ਬੇਸ਼ੱਕ ਉਹ ਆਪਣੇ ਬੰਦਿਆਂ (ਦੇ ਹਾਲਾਂ) ਤੋਂ ਭਲੀ-ਭਾਂਤ ਜਾਣੂ ਹੈ ਅਤੇ ਚੰਗੀ ਤਰ੍ਹਾਂ ਵੇਖ ਰਿਹਾ ਹੈ।

إِنَّ رَبَّكَ يَبْسُطُ الرِّزْقَ لِمَن يَشَاءُ وَيَقْدِرُ ۚ إِنَّهُ كَانَ بِعِبَادِهِ خَبِيرًا بَصِيرًا ﴿٣٠﴾

31. ਤੁਸੀਂ ਗ਼ਰੀਬੀ ਦੇ ਡਰ ਤੋਂ ਆਪਣੀ ਔਲਾਦ ਦੀ ਹੱਤਿਆ ਨਾ ਕਰੋ, ਅਸੀਂ ਉਹਨਾਂ ਨੂੰ ਵੀ ਰਿਜ਼ਕ ਦਿੰਦੇ ਹਾਂ ਅਤੇ ਤੁਹਾਨੂੰ ਵੀ ਬੇਸ਼ੱਕ ਉਹਨਾਂ (ਔਲਾਦ) ਦਾ ਕਤਲ ਮਹਾ ਪਾਪ ਹੈ।

وَلَا تَقْتُلُوا أَوْلَادَكُمْ خَشْيَةَ إِمْلَاقٍ ۖ نَّحْنُ نَرْزُقُهُمْ وَإِيَّاكُمْ ۚ إِنَّ قَتْلَهُمْ كَانَ خِطْئًا كَبِيرًا ﴿٣١﴾

32. (ਖ਼ਬਰਦਾਰ) ਜ਼ਨਾ ਦੇ ਨੇੜੇ ਵੀ ਨਾ ਜਾਓ, ਬੇਸ਼ੱਕ ਇਹ ਬਹੁਤ ਹੀ ਵੱਡੀ ਅਸ਼ਲੀਲਤਾ ਹੈ ਅਤੇ ਭੈੜੀ ਰਾਹ ਹੈ।

وَلَا تَقْرَبُوا الزِّنَىٰ ۖ إِنَّهُ كَانَ فَاحِشَةً وَسَاءَ سَبِيلًا ﴿٣٢﴾

33. ਤੁਸੀਂ ਉਸ ਜਾਨ ਨੂੰ, ਛੁੱਟ ਹੱਕ ਤੋਂ, ਕਤਲ ਨਾ ਕਰੋ ਜਿਸ ਨੂੰ ਅੱਲਾਹ ਨੇ ਹਰਾਮ ਕੀਤਾ ਹੈ। ਜਿਹੜਾ ਵਿਅਕਤੀ ਨਿਰਦੋਸ਼ ਮਾਰਿਆ ਜਾਵੇਗਾ ਅਸੀਂ ਉਸ ਦੇ ਵਾਰਸਾਂ ਨੂੰ (ਬਦਲਾ ਲੈਣ ਦਾ) ਹੱਕ

وَلَا تَقْتُلُوا النَّفْسَ الَّتِي حَرَّمَ اللَّهُ إِلَّا بِالْحَقِّ ۗ وَمَن قُتِلَ مَظْلُومًا فَقَدْ جَعَلْنَا لِوَلِيِّهِ سُلْطَانًا فَلَا يُسْرِف فِّي الْقَتْلِ ۖ إِنَّهُ كَانَ مَنصُورًا ﴿٣٣﴾

ਦਿੱਤਾ ਹੈ। ਸੋ ਉਹ ਕਤਲ ਦਾ ਬਦਲਾ ਲੈਣ ਵਿਚ ਹੱਦੋਂ ਨਾ ਟੱਪੇ। ਹਾਂ! (ਬਦਲਾ ਲੈਣ ਵਿਚ) ਉਸ ਦੀ ਮਦਦ ਕੀਤੀ ਗਈ ਹੈ।

وَلَا تَقْرَبُوا مَالَ الْيَتِيمِ إِلَّا بِالَّتِي هِيَ أَحْسَنُ حَتَّىٰ يَبْلُغَ أَشُدَّهُ ۚ وَأَوْفُوا بِالْعَهْدِ ۖ إِنَّ الْعَهْدَ كَانَ مَسْئُولًا ﴿٣٤﴾

34. ਤੁਸੀਂ ਯਤੀਮ ਦੇ ਮਾਲ ਦੇ ਨੇੜੇ ਵੀ ਨਾ ਜਾਓ (ਭਾਵ ਉਸ ਵਿੱਚੋਂ ਖ਼ਰਚ ਨਾ ਕਰੋ) ਪਰ ਸੁਚੱਜੇ ਢੰਗ ਨਾਲ (ਖ਼ਰਚ ਕਰੋ) ਇੱਥੋਂ ਤੀਕ ਕਿ ਉਹ (ਯਤੀਮ) ਆਪਣੀ ਜਵਾਨੀ ਨੂੰ ਪੁੱਜ ਜਾਵੇ। ਕੀਤੇ ਹੋਏ ਵਚਨਾਂ ਨੂੰ ਨਿਭਾਓ, ਕਿਉਂ ਜੋ ਵਚਨਾਂ ਸੰਬੰਧੀ ਪੁੱਛਿਆ ਜਾਵੇਗਾ।

وَأَوْفُوا الْكَيْلَ إِذَا كِلْتُمْ وَزِنُوا بِالْقِسْطَاسِ الْمُسْتَقِيمِ ۚ ذَٰلِكَ خَيْرٌ وَأَحْسَنُ تَأْوِيلًا ﴿٣٥﴾

35. ਜਦੋਂ ਮਿਣਨ ਲੱਗੋ ਤਾਂ ਮਿਣਤੀ ਪੂਰੀ ਕਰੋ ਅਤੇ ਸਿੱਧੀ ਤੱਕੜੀ ਨਾਲ ਪੂਰਾ ਤੋਲੋ (ਭਾਵ ਡੰਡੀ ਨਾ ਮਾਰੋ) ਇੰਜ ਕਰਨਾ ਹੀ ਠੀਕ ਹੈ ਅਤੇ ਸਿੱਟੇ ਪੱਖੋਂ ਵੀ ਇਹੋ ਠੀਕ ਹੈ।

وَلَا تَقْفُ مَا لَيْسَ لَكَ بِهِ عِلْمٌ ۚ إِنَّ السَّمْعَ وَالْبَصَرَ وَالْفُؤَادَ كُلُّ أُولَٰئِكَ كَانَ عَنْهُ مَسْئُولًا ﴿٣٦﴾

36. ਜਿਸ ਗੱਲ ਦਾ ਤੁਹਾਨੂੰ ਗਿਆਨ ਹੀ ਨਾ ਹੋਵੇ ਉਸ ਦੇ ਪਿੱਛੇ ਨਾ ਪਵੋ (ਭਾਵ ਟੋਹ ਵਿਚ ਨਾ ਲੱਗੋ) ਕਿਉਂ ਜੋ ਕੰਨ ਅੱਖ ਅਤੇ ਦਿਲ ਇਹਨਾਂ ਸਭ ਤੋਂ (ਕਿਆਮਤ ਦਿਹਾੜੇ) ਪੁੱਛ-ਗਿੱਛ ਹੋਵੇਗੀ।

وَلَا تَمْشِ فِي الْأَرْضِ مَرَحًا ۖ إِنَّكَ لَنْ تَخْرِقَ الْأَرْضَ وَلَنْ تَبْلُغَ الْجِبَالَ طُولًا ﴿٣٧﴾

37. ਧਰਤੀ 'ਤੇ ਆਕੜ ਕੇ ਨਾ ਤੁਰੋ। ਤੂੰ ਨਾ ਤਾਂ ਧਰਤੀ ਨੂੰ (ਆਪਣੀ ਚਾਲ ਨਾਲ) ਪਾੜ ਸਕਦਾ ਹੈਂ ਅਤੇ ਨਾ ਹੀ (ਆਕੜ ਨਾਲ) ਪਹਾੜਾਂ ਦੀਆਂ ਉੱਚਾਈਆਂ ਨੂੰ ਪੁੱਜ ਸਕਦਾ ਹੈਂ।

كُلُّ ذَٰلِكَ كَانَ سَيِّئُهُ عِنْدَ رَبِّكَ مَكْرُوهًا ﴿٣٨﴾

38. ਇਹ ਸਾਰੇ ਕੰਮ ਅਤੇ ਇਹਨਾਂ ਦੀਆਂ ਬੁਰਾਈਆਂ ਤੁਹਾਡੇ ਰੱਬ ਨੂੰ ਸਖ਼ਤ ਨਾ-ਪਸੰਦ ਹਨ।

ذَٰلِكَ مِمَّا أَوْحَىٰ إِلَيْكَ رَبُّكَ مِنَ الْحِكْمَةِ ۗ وَلَا تَجْعَلْ مَعَ اللَّهِ إِلَٰهًا آخَرَ فَتُلْقَىٰ فِي جَهَنَّمَ مَلُومًا مَدْحُورًا ﴿٣٩﴾

39. ਇਹ ਉਹ ਸਿਆਣਪ ਦੀਆਂ ਗੱਲਾਂ ਹਨ, ਜਿਹੜੀਆਂ ਤੁਹਾਡੇ ਰੱਬ ਨੇ ਤੁਹਾਡੇ ਵੱਲ ਵਹੀ ਰਾਹੀਂ ਨਾਜ਼ਿਲ ਕੀਤੀਆਂ ਹਨ। ਅੱਲਾਹ ਤੋਂ ਛੁੱਟ ਹੋਰ ਕਿਸੇ ਨੂੰ ਇਸ਼ਟ ਨਾ ਬਣਾਓ ਨਹੀਂ ਤਾਂ ਤੁਹਾਡੀ

ਭੰਡੀ ਕਰਕੇ ਤੇ ਹਰੇਕ ਭਲਾਈ ਤੋਂ ਵਾਂਝਾ ਕਰਕੇ ਨਰਕ ਵਿਚ ਸੁੱਟ ਦਿੱਤਾ ਜਾਵੇਗਾ।

40. ਕੀ ਤੁਹਾਡੇ ਰੱਬ ਨੇ ਤੁਹਾਨੂੰ ਪੁੱਤਰਾਂ ਲਈ ਚੁਣ ਲਿਆ ਹੈ ਅਤੇ ਆਪਣੇ ਲਈ ਫ਼ਰਿਸ਼ਤਿਆਂ ਵਿੱਚੋਂ ਧੀਆਂ ਬਣਾ ਲਈਆਂ ਹਨ। ਬੇਸ਼ੱਕ ਤੁਸੀਂ ਬਹੁਤ ਹੀ ਭੈੜੀਆਂ ਗੱਲਾਂ ਕਹਿੰਦੇ ਹੋ।

أَفَأَصْفَاكُمْ رَبُّكُم بِالْبَنِينَ وَاتَّخَذَ مِنَ الْمَلَائِكَةِ إِنَاثًا ۚ إِنَّكُمْ لَتَقُولُونَ قَوْلًا عَظِيمًا ﴿٤٠﴾

41. ਅਸੀਂ ਤਾਂ ਇਸ ਕੁਰਆਨ ਵਿਚ ਹਰ ਪੱਖੋਂ (ਹਕੀਕਤਾਂ ਦੀ) ਚਰਚਾ ਕੀਤੀ ਹੈ ਤਾਂ ਜੋ ਲੋਕੀ ਸਿੱਖਿਆ ਪ੍ਰਾਪਤ ਕਰਨ, ਪਰ ਇਹ ਚੀਜ਼ ਉਹਨਾਂ (ਕਾਫ਼ਿਰਾਂ) ਦੀ ਨਫ਼ਰਤ ਵਿਚ ਵਾਧਾ ਕਰਦੀ ਹੈ।

وَلَقَدْ صَرَّفْنَا فِي هَٰذَا الْقُرْآنِ لِيَذَّكَّرُوا وَمَا يَزِيدُهُمْ إِلَّا نُفُورًا ﴿٤١﴾

42. (ਹੇ ਨਬੀ!) ਆਖ ਦਿਓ ਕਿ ਜੇ ਉਸ (ਅੱਲਾਹ) ਦੇ ਨਾਲ ਹੋਰ ਵੀ ਇਸ਼ਟ ਹੁੰਦੇ ਜਿਵੇਂ ਕਿ ਇਹ (ਮੁਸ਼ਰਿਕ ਲੋਕ) ਆਖਦੇ ਹਨ ਤਾਂ ਉਹ ਅਰਸ਼ ਦੇ ਮਾਲਿਕ (ਭਾਵ ਅੱਲਾਹ) ਤਕ ਪਹੁੰਚਣ ਵਾਲੀ ਰਾਹ ਦੀ ਜ਼ਰੂਰ ਹੀ ਭਾਲ ਕਰਦੇ।

قُل لَّوْ كَانَ مَعَهُ آلِهَةٌ كَمَا يَقُولُونَ إِذًا لَّابْتَغَوْا إِلَىٰ ذِي الْعَرْشِ سَبِيلًا ﴿٤٢﴾

43. ਜੋ ਉਹ ਮੁਸ਼ਰਿਕ ਆਖਦੇ ਹਨ ਅੱਲਾਹ ਉਹਨਾਂ (ਸਾਰੀਆਂ ਗੱਲਾਂ ਤੋਂ) ਪਾਕ ਹੈ, ਸਗੋਂ ਉਹਨਾਂ ਤੋਂ ਬਹੁਤ ਉੱਚਾ ਹੈ।

سُبْحَانَهُ وَتَعَالَىٰ عَمَّا يَقُولُونَ عُلُوًّا كَبِيرًا ﴿٤٣﴾

44. ਸੱਤਾਂ ਅਕਾਸ਼, ਧਰਤੀ ਅਤੇ ਜੋ ਵੀ ਇਹਨਾਂ ਵਿਚਕਾਰ ਵਸਤੂਆਂ ਹਨ ਉਹ ਸਭ ਉਸੇ (ਅੱਲਾਹ) ਦੀ ਵਡਿਆਈ ਬਿਆਨ ਕਰ ਰਹੀਆਂ ਹਨ। ਕੋਈ ਵੀ ਅਜਿਹੀ ਵਸਤੂ ਨਹੀਂ ਜਿਹੜੀ ਉਸਤਤ ਨਾਲ ਉਸ ਦੀ ਤਸਬੀਹ ਨਾ ਕਰਦੀ ਹੋਵੇ ਪਰ ਤੁਸੀਂ ਉਹਨਾਂ ਦੀ ਤਸਬੀਹ ਨੂੰ ਸਮਝ ਨਹੀਂ ਸਕਦੇ ਵਾਸਤਵ ਵਿਚ ਉਹ ਬਹੁਤ ਹੀ ਸਹਿਣਸ਼ੀਲ ਤੇ ਬਖ਼ਸ਼ਣਹਾਰ ਹੈ।

تُسَبِّحُ لَهُ السَّمَاوَاتُ السَّبْعُ وَالْأَرْضُ وَمَن فِيهِنَّ ۚ وَإِن مِّن شَيْءٍ إِلَّا يُسَبِّحُ بِحَمْدِهِ وَلَٰكِن لَّا تَفْقَهُونَ تَسْبِيحَهُمْ ۗ إِنَّهُ كَانَ حَلِيمًا غَفُورًا ﴿٤٤﴾

وَإِذَا قَرَأْتَ الْقُرْآنَ جَعَلْنَا بَيْنَكَ وَبَيْنَ الَّذِينَ
لَا يُؤْمِنُونَ بِالْآخِرَةِ حِجَابًا مَسْتُورًا 45

45. (ਹੇ ਮੁਹੰਮਦ !) ਜਦੋਂ ਤੁਸੀਂ ਕੁਰਆਨ ਪੜ੍ਹਦੇ ਹੋ ਤਾਂ ਅਸੀਂ ਤੁਹਾਡੇ ਅਤੇ ਉਹਨਾਂ ਵਿਚਕਾਰ ਜਿਹੜੇ ਆਖ਼ਿਰਤ 'ਤੇ ਵਿਸ਼ਵਾਸ ਨਹੀਂ ਰੱਖਦੇ, ਇਕ ਬਰੀਕ ਜਿਹਾ ਪਰਦਾ ਤਾਣ ਦਿੰਦੇ ਹਨ।[1]

وَجَعَلْنَا عَلَىٰ قُلُوبِهِمْ أَكِنَّةً أَنْ يَفْقَهُوهُ وَفِي
آذَانِهِمْ وَقْرًا ۚ وَإِذَا ذَكَرْتَ رَبَّكَ فِي الْقُرْآنِ
وَحْدَهُ وَلَّوْا عَلَىٰ أَدْبَارِهِمْ نُفُورًا 46

46 ਉਹਨਾਂ ਦੇ ਮਨਾਂ 'ਤੇ ਅਸੀਂ ਅਜਿਹੇ ਗ਼ਲਾਫ਼ ਚਾੜ੍ਹ ਦਿੰਦੇ ਹਾਂ ਕਿ ਉਹ ਕੁੱਝ ਵੀ ਨਾ ਸਮਝ ਸਕਣ[2] ਅਤੇ ਉਹਨਾਂ ਦੇ ਕੰਨਾ 'ਤੇ ਡਾਟ ਲਾ ਦਿੰਦੇ ਹਾਂ (ਕਿ ਉਹ ਸੁਣ ਨਾ ਸਕਣ)। ਜਦੋਂ ਤੁਸੀਂ ਕੁਰਆਨ ਵਿਚ ਆਪਣੇ ਇੱਕੋ ਰੱਬ ਦੀ ਚਰਚਾ ਕਰਦੇ ਹੋ ਤਾਂ ਉਹ ਘ੍ਰਿਣਾ ਨਾਲ ਪਿੱਠ ਫੇਰ ਕੇ ਤੁਰ ਜਾਂਦੇ ਹਨ।

نَحْنُ أَعْلَمُ بِمَا يَسْتَمِعُونَ بِهِ إِذْ يَسْتَمِعُونَ إِلَيْكَ
وَإِذْ هُمْ نَجْوَىٰ إِذْ يَقُولُ الظَّالِمُونَ إِنْ تَتَّبِعُونَ
إِلَّا رَجُلًا مَسْحُورًا 47

47. ਹੇ ਨਬੀ ਅਸੀਂ ਚੰਗੀ ਤਰ੍ਹਾਂ ਜਾਣਦੇ ਹਾਂ ਕਿ ਉਹ (ਕਾਫ਼ਿਰ) ਕੁਰਆਨ ਕਿਉਂ ਸੁਣਦੇ ਹਨ। ਅਸੀਂ ਇਹ ਵੀ ਜਾਣਦੇ ਹਾਂ ਜਦੋਂ ਉਹ ਕੰਨ ਲਾ ਕੇ ਤੁਹਾਡੀਆਂ ਗੱਲਾਂ ਸੁਣਦੇ ਹਨ ਅਤੇ ਜਦੋਂ ਉਹ (ਤੁਹਾਡੇ ਵਿਰੋਧ) ਕਾਨਾਫੂਸੀਆਂ ਕਰਦੇ ਹਨ ਅਤੇ ਜਦੋਂ ਉਹ ਜ਼ਾਲਮ (ਲੋਕਾਂ) ਨੂੰ ਆਖਦੇ ਹਨ ਕਿ ਤੁਸੀਂ ਇਸ ਵਿਅਕਤੀ ਦੇ ਪਿੱਛੇ ਨਾ ਲੱਗੋ, ਉਸ ਉੱਤੇ ਤਾਂ ਜਾਦੂ ਕੀਤਾ ਹੋਇਆ ਹੈ

---

[1] ਸਈਦ ਬਿਨ ਜਬੀਰ ਰ:ਅ: ਦਾ ਕਹਿਣਾ ਹੈ ਕਿ ਜਦੋਂ ਸੂਰਤ ਲਹਬ ਉੱਤਰੀ ਤਾਂ ਅਬੂ-ਲਹਬ ਦੀ ਪਤਨੀ ਨਬੀ (ਸ:) ਕੋਲ ਆਈ ਜਦੋਂ ਕਿ ਉੱਥੇ ਅਬੂ-ਬਕਰ (ਰ:ਅ:) ਵੀ ਬੈਠੇ ਹੋਏ ਸੀ ਅਬੂ ਬਕਰ ਨੇ ਆਪ (ਸ:) ਨੂੰ ਕਿਹਾ ਕਿ (ਹੇ ਨਬੀ!) ਤੁਸੀਂ ਪਰਾਂ ਹੋ ਜਾਓ ਉਹ ਅਬੂ ਲਹਬ ਦੀ ਪਤਨੀ ਕੀਤੇ ਤੁਹਾਡੇ ਨਾਲ ਕੋਈ ਅਜਿਹੀ ਗੱਲ ਨਾ ਕਰੇ ਜਿਸ ਤੋਂ ਤੁਹਾਨੂੰ ਤਕਲੀਫ਼ ਹੋਵੇ ਉਹ ਕੌੜੀ ਜ਼ੁਬਾਨ ਵਾਲੀ ਜ਼ਨਾਨੀ ਹੈ। ਨਬੀ (ਸ:) ਨੇ ਫ਼ਰਮਾਇਆ ਮੇਰੇ ਅਤੇ ਉਸ ਦੇ ਵਿਚਾਲੇ ਪਰਦਾ ਪਾ ਦਿੱਤਾ ਜਾਵੇਗਾ ਜਦ ਉਹ ਆਪ (ਸ:) ਨੂੰ ਵੇਖ ਨਾ ਸਕੀ ਉਸ ਨੇ ਅਬੂ ਬਕਰ ਨੂੰ ਆਖਿਆ ਕਿ ਤੁਹਾਡੇ ਸਾਥੀ ਨੇ ਸਾਡੀ ਬੇਜ਼ਤੀ ਕੀਤੀ ਹੈ ਅਬੂ-ਬਕਰ ਨੇ ਆਖਿਆ ਕਿ ਅੱਲਾਹ ਦੀ ਸੌਂਹ ਉਹ ਸ਼ਿਅਰ ਨਹੀਂ ਕਹਿੰਦਾ ਉਸ ਨੇ ਪੁੱਛਿਆ ਕਿ ਤੂੰ ਇਸ ਦੀ ਪੁਸ਼ਟੀ ਕਰਦਾ ਹੈਂ? ਫੇਰ ਉਹ ਉੱਥਿਓਂ ਚੱਲੀ ਗਈ। ਅਬੂ-ਬਕਰ ਨੇ ਅਰਜ਼ ਕੀਤਾ ਹੇ ਅੱਲਾਹ ਦੇ ਰਸੂਲ। ਕੀ ਉਸ ਨੇ ਤੁਹਾਨੂੰ ਨਹੀਂ ਵੇਖਿਆ? ਨਬੀ (ਸ:) ਨੇ ਫ਼ਰਮਾਇਆ, ਨਹੀਂ। ਉਹ ਦੇ ਜਾਣ ਤਕ ਇਕ ਫ਼ਰਿਸ਼ਤਾ ਮੇਰੇ ਤੇ ਉਸ ਦੇ ਵਿਚਾਲੇ ਖੜ੍ਹਾ ਸੀ ਅਤੇ ਉਸ ਨੇ ਮੈਨੂੰ ਆਪਣੀ ਓਟ ਵਿਚ ਲਿਆ ਹੋਇਆ ਸੀ। (ਤਫ਼ਸੀਰ ਕੁਰਤਬੀ 269/10 ਮੁਸਨਦ ਅਬੂ-ਯਾਅਲੀ 54/1)

[2] ਇਸ ਤੋਂ ਭਾਵ ਮਿਅਰਾਜ ਦੀ ਘਟਨਾ ਹੈ ਜਿਸ ਦੀ ਵਿਸਥਾਰ ਨਾਲ ਚਰਚਾ ਸੂਰਤ ਨਜਮ ਦੇ ਆਰੰਭ ਵਿਚ ਆਵੇਗੀ।

48 (ਹੇ ਮੁਹੰਮਦ!) ਵੇਖੋ ਤਾਂ ਉਹ ਤੁਹਾਡੇ ਲਈ ਕਿਹੋ ਜਹੀਆਂ ਮਿਸਾਲਾਂ ਦੇ ਰਹੇ ਹਨ। ਉਹ ਤਾਂ ਭਟਕੇ ਹੋਏ ਲੋਕ ਹਨ, ਹੁਣ ਸਿੱਧੇ ਰਾਹ ਤੁਰਨਾਂ ਉਹਨਾਂ ਦੇ ਵੱਸ ਵਿਚ ਨਹੀਂ।

انْظُرْ كَيْفَ ضَرَبُوا لَكَ الْأَمْثَالَ فَضَلُّوا فَلَا يَسْتَطِيعُونَ سَبِيلًا ٤٨

49. ਉਹ ਕਹਿੰਦੇ ਹਨ ਕਿ ਜਦੋਂ ਅਸੀਂ ਹੱਡੀਆਂ ਅਤੇ ਚੂਰਾ-ਚੂਰਾ ਹੋ ਜਾਵਾਂਗੇ ਤਾਂ ਕੀ ਨਵੇਂ ਸਿਰਿਓਂ ਪੈਦਾ ਕਰਕੇ ਫੇਰ ਖੜੇ ਕੀਤੇ ਜਾਵਾਂਗੇ?

وَقَالُوا أَإِذَا كُنَّا عِظَامًا وَرُفَاتًا أَإِنَّا لَمَبْعُوثُونَ خَلْقًا جَدِيدًا ٤٩

50. (ਹੇ ਨਬੀ!) ਤੁਸੀਂ ਆਖੋ ਕਿ ਭਾਵੇਂ ਤੁਸੀਂ ਪੱਥਰ ਬਣ ਜਾਓ ਜਾਂ ਲੋਹਾ (ਮੁੜ ਪੈਦਾ ਕੀਤੇ) ਜਾਵੋਗੇ।

قُلْ كُونُوا حِجَارَةً أَوْ حَدِيدًا 50

51. ਜਾਂ ਹੋਰ ਕੋਈ ਅਜਿਹੀ ਚੀਜ਼ ਜਿਹੜੀ ਤੁਹਾਡੀ ਸੋਚ ਅਨੁਸਾਰ ਬਹੁਤ ਹੀ ਕਰੜੀ ਹੋਵੇ (ਤਾਂ ਵੀ ਮੁੜ ਪੈਦਾ ਕੀਤੇ ਜਾਓਗੇ)। ਜੇ ਉਹ ਪੁੱਛਣ ਕਿ ਉਹ ਕੌਣ ਹੈ ਜਿਹੜਾ ਸਾਨੂੰ ਮੁੜ ਸੁਰਜੀਤ ਕਰੇਗਾ ਤਾਂ ਜਵਾਬ ਦਿਓ ਕਿ ਉਹੀਓ ਅੱਲਾਹ (ਮੁੜ ਪੈਦਾ ਕਰੇਗਾ) ਜਿਸ ਨੇ ਤੁਹਾਨੂੰ ਪਹਿਲੀ ਵਾਰ ਪੈਦਾ ਕੀਤਾ। ਫੇਰ ਉਹ ਸਿਰ ਹਿਲਾ ਹਿਲਾ ਕੇ ਪੁੱਛਣਗੇ ਕਿ ਇਹ ਕਦੋਂ ਹੋਵੇਗਾ? ਤੁਸੀਂ (ਹੇ ਨਬੀ!) ਆਖ ਦਿਓ ਕਿ ਅਚਰਜ ਨਹੀਂ ਕਿ ਉਹ ਵੇਲਾ ਨੇੜੇ ਹੀ ਆ ਲੱਗਿਆ ਹੋਵੇ।

أَوْ خَلْقًا مِمَّا يَكْبُرُ فِي صُدُورِكُمْ ۚ فَسَيَقُولُونَ مَنْ يُعِيدُنَا ۖ قُلِ الَّذِي فَطَرَكُمْ أَوَّلَ مَرَّةٍ ۚ فَسَيُنْغِضُونَ إِلَيْكَ رُءُوسَهُمْ وَيَقُولُونَ مَتَىٰ هُوَ ۖ قُلْ عَسَىٰ أَنْ يَكُونَ قَرِيبًا ٥١

52. ਜਿਸ ਦਿਹਾੜੇ ਉਹ (ਅੱਲਾਹ) ਤੁਹਾਨੂੰ ਸੱਦੇਗਾ ਤਾਂ ਤੁਸੀਂ ਉਸਦੀਆਂ ਤਾਰੀਫ਼ਾਂ ਕਰਦੇ ਹੋਏ (ਕਬਰਾਂ 'ਚੋਂ) ਨਿੱਕਲ ਤੁਰੋਗੇ ਅਤੇ ਤੁਸੀਂ ਇਹੋ ਸਮਝੋਗੇ ਕਿ ਤੁਹਾਡਾ (ਕਬਰਾਂ ਵਿਚ) ਠਹਿਰਨਾ ਬਹੁਤ ਹੀ ਥੋੜ੍ਹੇ ਸਮੇਂ ਲਈ ਸੀ।

يَوْمَ يَدْعُوكُمْ فَتَسْتَجِيبُونَ بِحَمْدِهِ وَتَظُنُّونَ إِنْ لَبِثْتُمْ إِلَّا قَلِيلًا 52

53. (ਹੇ ਨਬੀ!) ਮੇਰੇ ਬੰਦਿਆਂ ਨੂੰ ਆਖ ਦਿਓ ਕਿ ਉਹ ਸੋਹਣੀਆਂ ਗੱਲਾਂ ਹੀ ਮੂਹੋਂ ਆਖਿਆ ਕਰਨ। ਬੇਸ਼ੱਕ ਸ਼ੈਤਾਨ ਉਹਨਾਂ ਵਿਚਾਲੇ ਫ਼ਸਾਦ ਕਰਵਾਉਂਦਾ ਹੈ, ਅਸਲ ਵਿਚ ਸ਼ੈਤਾਨ ਮਨੁੱਖ ਦਾ ਖੁੱਲ੍ਹਾ ਵੈਰੀ ਹੈ।

وَقُلْ لِعِبَادِي يَقُولُوا الَّتِي هِيَ أَحْسَنُ ۚ إِنَّ الشَّيْطَانَ يَنْزَغُ بَيْنَهُمْ ۚ إِنَّ الشَّيْطَانَ كَانَ لِلْإِنْسَانِ عَدُوًّا مُبِينًا 53

54. ਤੁਹਾਡਾ ਰੱਬ ਤੁਹਾਨੂੰ ਚੰਗੀ ਤਰ੍ਹਾਂ ਜਾਣਦਾ ਹੈ ਜੇ ਉਹ ਚਾਹੇ ਤਾਂ ਤੁਹਾਡੇ 'ਤੇ ਰਹਿਮ ਕਰੇ ਜਾਂ ਜੇ ਉਹ ਚਾਹੇ ਤਾਂ ਤੁਹਾਨੂੰ ਅਜ਼ਾਬ ਦੇਵੇ। (ਹੇ ਨਬੀ!) ਅਸੀਂ ਤੁਹਾਨੂੰ ਇਹਨਾਂ ਲੋਕਾਂ 'ਤੇ ਹੌਲਦਾਰ ਬਣਾ ਕੇ ਨਹੀਂ ਭੇਜਿਆ।

رَبُّكُمْ أَعْلَمُ بِكُمْ ۖ إِن يَشَأْ يَرْحَمْكُمْ أَوْ إِن يَشَأْ
يُعَذِّبْكُمْ ۚ وَمَا أَرْسَلْنَاكَ عَلَيْهِمْ وَكِيلًا ﴿٥٤﴾

55 ਅਕਾਸ਼ਾਂ ਤੇ ਧਰਤੀ ਵਿਚ ਜੋ ਵੀ ਹੈ ਤੁਹਾਡਾ ਰੱਬ ਉਹਨਾਂ ਸਭ ਨੂੰ ਚੰਗੀ ਤਰ੍ਹਾਂ ਜਾਣਦਾ ਹੈ। ਅਸਾਂ ਕਈ ਪੈਗ਼ੰਬਰਾਂ ਨੂੰ ਕਈਆਂ ਨਾਲੋਂ ਵੱਧ ਵਡਿਆਈ ਬਖ਼ਸ਼ੀ ਹੈ ਜਿਵੇਂ ਦਾਊਦ ਨੂੰ ਅਸੀਂ ਜ਼ਬੂਰ ਬਖ਼ਸ਼ੀ।

وَرَبُّكَ أَعْلَمُ بِمَن فِي السَّمَاوَاتِ وَالْأَرْضِ ۗ وَلَقَدْ
فَضَّلْنَا بَعْضَ النَّبِيِّينَ عَلَىٰ بَعْضٍ ۖ وَآتَيْنَا دَاوُودَ
زَبُورًا ﴿٥٥﴾

56 (ਹੇ ਨਬੀ!) ਆਖ ਦਿਓ ਕਿ ਉਹਨਾਂ ਨੂੰ ਮਦਦ ਲਈ ਬੁਲਾ ਲਓ ਜਿਨ੍ਹਾਂ ਨੂੰ ਤੁਸੀਂ ਉਸ (ਅੱਲਾਹ) ਤੋਂ ਛੁੱਟ ਇਸ਼ਟ ਸਮਝਦੇ ਹੋ। ਨਾ ਤਾਂ ਉਹ ਤੁਹਾਡੇ ਕਿਸੇ ਕਸ਼ਟ ਨੂੰ ਦੂਰ ਕਰਨ ਦਾ ਅਧਿਕਾਰ ਰੱਖਦੇ ਹਨ ਅਤੇ ਨਾ ਹੀ ਬਦਲਣ ਦਾ।

قُلِ ادْعُوا الَّذِينَ زَعَمْتُم مِّن دُونِهِ فَلَا يَمْلِكُونَ
كَشْفَ الضُّرِّ عَنكُمْ وَلَا تَحْوِيلًا 56

57 ਜਿਨ੍ਹਾਂ (ਇਸ਼ਟਾਂ) ਨੂੰ ਇਹ ਪੁਕਾਰਦੇ ਹਨ ਉਹ ਤਾਂ ਆਪ ਹੀ ਆਪਣੇ ਰੱਬ ਤਕ ਪਹੁੰਚ ਪ੍ਰਾਪਤ ਕਰਨ ਲਈ ਸਾਧਨ ਭਾਲ ਰਹੇ ਹਨ ਕਿ ਇਹਨਾਂ ਵਿੱਚੋਂ ਕੌਣ ਰੱਬ ਦੇ ਵਧੇਰੇ ਨੇੜੇ ਹੋ ਸਕਦਾ ਹੈ। ਉਹ ਉਸ ਦੀ ਮਿਹਰਾਂ ਦੀ ਆਸ ਰੱਖਦੇ ਹਨ ਅਤੇ ਉਸ ਦੇ ਅਜ਼ਾਬ ਤੋਂ ਡਰਦੇ ਹਨ। ਹੇ ਨਬੀ ਤੁਹਾਡੇ ਰੱਬ ਦਾ ਅਜ਼ਾਬ ਡਰਨ ਯੋਗ ਹੀ ਹੈ।

أُولَٰئِكَ الَّذِينَ يَدْعُونَ يَبْتَغُونَ إِلَىٰ رَبِّهِمُ
الْوَسِيلَةَ أَيُّهُمْ أَقْرَبُ وَيَرْجُونَ رَحْمَتَهُ وَيَخَافُونَ
عَذَابَهُ ۚ إِنَّ عَذَابَ رَبِّكَ كَانَ مَحْذُورًا ﴿٥٧﴾

58 ਕੋਈ ਵੀ ਬਸਤੀ ਅਜਿਹੀ ਨਹੀਂ ਜਿਸ ਨੂੰ ਅਸੀਂ ਕਿਆਮਤ ਤੋਂ ਪਹਿਲਾਂ ਹਲਾਕ ਨਾ ਕਰ ਦਈਏ ਜਾਂ ਉਸ ਨੂੰ ਕਰੜਾ ਅਜ਼ਾਬ (ਦੰਡ) ਨਾ ਦਈਏ। ਇਹੋ ਕਿਤਾਬ (ਲੌਹੇ-ਮਹਫ਼ੂਜ਼) ਵਿਚ ਲਿਖਿਆ ਹੋਇਆ ਹੈ।

وَإِن مِّن قَرْيَةٍ إِلَّا نَحْنُ مُهْلِكُوهَا قَبْلَ يَوْمِ الْقِيَامَةِ
أَوْ مُعَذِّبُوهَا عَذَابًا شَدِيدًا ۚ كَانَ ذَٰلِكَ فِي الْكِتَابِ
مَسْطُورًا ﴿٥٨﴾

59 ਅਸਾਂ ਨੂੰ ਨਿਸ਼ਾਨੀਆਂ ਭੇਜਣ ਤੋਂ ਕੇਵਲ ਇਸ ਗੱਲ ਨੇ ਰੋਕ ਰੱਖਿਆ ਹੈ ਕਿ ਪਹਿਲੇ ਲੋਕਾਂ ਨੇ ਉਨ੍ਹਾਂ (ਅੱਲਾਹ ਦੀਆਂ) ਨਿਸ਼ਾਨੀਆਂ ਨੂੰ ਝੁਠਲਾਇਆ ਸੀ। ਨਿਸ਼ਾਨੀ ਵਜੋਂ ਅਸੀਂ ਸਮੂਦ ਦੀ ਕੌਮ ਨੂੰ (ਨਸੀਹਤ ਪ੍ਰਾਪਤ ਕਰਨ ਲਈ) ਇਕ ਊਠਣੀ ਦਿੱਤੀ। ਪਰ ਉਹਨਾਂ ਨੇ ਉਸ (ਊਠਣੀ) 'ਤੇ ਜ਼ੁਲਮ ਕੀਤਾ (ਭਾਵ ਮਾਰ ਸੁੱਟਿਆ) ਅਸੀਂ ਤਾਂ ਕੇਵਲ ਡਰਾਉਣ ਲਈ ਹੀ ਨਿਸ਼ਾਨੀਆਂ ਭੇਜਦੇ ਹਾਂ।

وَمَا مَنَعَنَآ أَن نُّرْسِلَ بِالْاٰيٰتِ اِلَّآ أَن كَذَّبَ بِهَا الْاَوَّلُوْنَ ؕ وَاٰتَيْنَا ثَمُوْدَ النَّاقَةَ مُبْصِرَةً فَظَلَمُوْا بِهَا ؕ وَمَا نُرْسِلُ بِالْاٰيٰتِ اِلَّا تَخْوِيْفًا ﴿٥٩﴾

60. (ਹੇ ਨਬੀ!) ਰਤਾ ਯਾਦ ਕਰੋ ਜਦੋਂ ਅਸੀਂ ਤੁਹਾਨੂੰ ਕਿਹਾ ਸੀ ਕਿ ਤੁਹਾਡੇ ਰੱਬ ਨੇ ਸਾਰੇ ਹੀ ਲੋਕਾਂ ਨੂੰ ਘੇਰ ਰੱਖਿਆ ਹੈ। ਅਸੀਂ ਤੁਹਾਨੂੰ (ਮਿਅਰਾਜ ਸਮੇਂ) ਜੋ ਕੁਝ ਵਿਖਾਇਆ ਸੀ ਉਸ ਨੂੰ ਲੋਕਾਂ ਲਈ ਇਕ ਅਜ਼ਮਾਇਸ਼ ਬਣਾ ਕੇ ਰੱਖ ਛੱਡਿਆ ਅਤੇ ਉਸ ਰੁੱਖ (ਜ਼ੱਕੂਮ) ਨੂੰ ਵੀ ਜਿਸ 'ਤੇ ਕੁਰਆਨ ਵਿਚ ਲਾਅਨਤ ਕੀਤੀ ਗਈ ਹੈ ਅਸੀਂ ਇਹਨਾਂ ਇਨਕਾਰੀਆਂ ਨੂੰ ਡਰਾ ਰਹੇ ਹਾਂ, ਪਰ ਇਹਨਾਂ ਦੀ ਸਰਕਸ਼ੀ ਵਿਚ ਵਾਧਾ ਹੀ ਹੁੰਦਾ ਜਾ ਰਿਹਾ ਹੈ।

وَاِذْ قُلْنَا لَكَ اِنَّ رَبَّكَ اَحَاطَ بِالنَّاسِ ؕ وَمَا جَعَلْنَا الرُّءْيَا الَّتِيْٓ اَرَيْنٰكَ اِلَّا فِتْنَةً لِّلنَّاسِ وَالشَّجَرَةَ الْمَلْعُوْنَةَ فِي الْقُرْاٰنِ ؕ وَنُخَوِّفُهُمْ ۙ فَمَا يَزِيْدُهُمْ اِلَّا طُغْيَانًا كَبِيْرًا ﴿٦٠﴾

61. ਜਦੋਂ ਅਸੀਂ ਫ਼ਰਿਸ਼ਤਿਆਂ ਨੂੰ ਆਖਿਆ ਸੀ ਕਿ ਆਦਮ ਨੂੰ ਸਿਜਦਾ ਕਰੋ ਤਾਂ ਇਬਲੀਸ (ਸ਼ੈਤਾਨ) ਤੋਂ ਛੁੱਟ ਸਾਰਿਆਂ ਨੇ (ਸਿਜਦਾ) ਕੀਤਾ। ਪਰ ਉਸ (ਸ਼ੈਤਾਨ) ਨੇ ਕਿਹਾ, ਕੀ ਮੈਂ ਉਸ (ਆਦਮ) ਨੂੰ ਸਿਜਦਾ ਕਰਾਂ ਜਿਸ ਨੂੰ ਤੂੰ ਮਿੱਟੀ ਤੋਂ ਸਾਜਿਆ ਹੈ?

وَاِذْ قُلْنَا لِلْمَلٰٓئِكَةِ اسْجُدُوْا لِاٰدَمَ فَسَجَدُوْٓا اِلَّآ اِبْلِيْسَ ؕ قَالَ ءَاَسْجُدُ لِمَنْ خَلَقْتَ طِيْنًا ﴿٦١﴾

62 (ਸ਼ੈਤਾਨ) ਅੱਲਾਹ ਨੂੰ ਕਹਿਣ ਲੱਗਾ, ਵੇਖ, ਉਸ ਨੂੰ ਜਿਸ ਨੂੰ ਤੂੰ ਮੇਰੇ ਉੱਤੇ ਇੱਜ਼ਤ ਦਿੱਤੀ ਹੈ, ਜੇ ਤੂੰ ਕਿਆਮਤ ਦਿਹਾੜੇ ਤੀਕ ਮੈਨੂੰ ਢਿੱਲ ਦੇਵੇਂ ਤਾਂ ਥੋੜ੍ਹੇ ਜਿਹੇ ਲੋਕਾਂ ਤੋਂ ਛੁੱਟ ਮੈਂ ਇਸ ਦੀ ਪੂਰੀ ਨਸਲ ਦੀਆਂ ਜੜ੍ਹਾਂ ਪੁੱਟ ਸੁੱਟਾਂਗਾ।

قَالَ اَرَءَيْتَكَ هٰذَا الَّذِيْ كَرَّمْتَ عَلَيَّ ؗ لَئِنْ اَخَّرْتَنِ اِلٰى يَوْمِ الْقِيٰمَةِ لَاَحْتَنِكَنَّ ذُرِّيَّتَهٗٓ اِلَّا قَلِيْلًا ﴿٦٢﴾

قَالَ اذْهَبْ فَمَن تَبِعَكَ مِنْهُمْ فَإِنَّ جَهَنَّمَ جَزَاؤُكُمْ جَزَاءً مَّوْفُورًا ﴿63﴾

63. ਅੱਲਾਹ ਨੇ ਫ਼ਰਮਾਇਆ ਜਾ (ਤੈਨੂੰ ਛੂਟ ਹੈ) ਜਿਹੜਾ ਵੀ ਇਹਨਾਂ ਵਿੱਚੋਂ ਤੇਰੀ ਪੈਰਵੀ ਕਰੇਗਾ ਤਾਂ ਬੇਸ਼ੱਕ ਤੁਹਾਡੀ ਸਭ ਦੀ ਸਜ਼ਾ ਨਰਕ ਹੈ। ਇਹੋ ਉਹਨਾਂ (ਦੇ ਕਰਮਾਂ) ਦਾ ਠੀਕ ਬਦਲਾ ਹੋਵੇਗਾ।

وَاسْتَفْزِزْ مَنِ اسْتَطَعْتَ مِنْهُم بِصَوْتِكَ وَأَجْلِبْ عَلَيْهِم بِخَيْلِكَ وَرَجِلِكَ وَشَارِكْهُمْ فِي الْأَمْوَالِ وَالْأَوْلَادِ وَعِدْهُمْ ۚ وَمَا يَعِدُهُمُ الشَّيْطَانُ إِلَّا غُرُورًا ﴿64﴾

64. ਇਹਨਾਂ ਵਿੱਚੋਂ ਜਿਨ੍ਹਾਂ 'ਤੇ ਵੀ ਤੇਰਾ ਵਸ ਚੱਲ ਸਕਦਾ ਹੈ ਉਹਨਾਂ ਨੂੰ ਆਪਣੀ ਆਵਾਜ਼ (ਗੱਲਾਂ) ਨਾਲ ਫਿਸਲਾ ਲੈ। ਉਹਨਾਂ 'ਤੇ ਆਪਣੇ ਸਵਾਰ ਤੇ ਪਿਆਦੇ ਚਾੜ੍ਹ ਲਿਆ ਅਤੇ ਮਾਲ ਤੇ ਔਲਾਦ ਵਿਚ ਇਹਨਾਂ ਦਾ ਸਾਂਝੀ ਬਣ ਜਾ ਅਤੇ ਇਹਨਾਂ ਨਾਲ (ਝੂਠੇ) ਵਾਅਦੇ ਕਰ ਜਦ ਕਿ ਸ਼ੈਤਾਨ ਦੇ ਸਾਰੇ ਵਾਅਦੇ ਝੂਠੇ ਹੁੰਦੇ ਹਨ।

إِنَّ عِبَادِي لَيْسَ لَكَ عَلَيْهِمْ سُلْطَانٌ ۚ وَكَفَىٰ بِرَبِّكَ وَكِيلًا ﴿65﴾

65. ਪਰ ਮੇਰੇ (ਸੱਚੇ) ਬੰਦਿਆਂ 'ਤੇ ਤੇਰਾ ਕੁੱਝ ਵੀ ਵੱਸ ਨਹੀਂ ਚੱਲੇਗਾ ਅਤੇ ਤੇਰਾ ਰੱਬ (ਨੇਕ ਬੰਦਿਆਂ ਦੇ) ਕੰਮ ਸਵਾਰਨ ਲਈ ਬਥੇਰਾ ਹੈ।

رَّبُّكُمُ الَّذِي يُزْجِي لَكُمُ الْفُلْكَ فِي الْبَحْرِ لِتَبْتَغُوا مِن فَضْلِهِ ۚ إِنَّهُ كَانَ بِكُمْ رَحِيمًا ﴿66﴾

66. ਤੁਹਾਡਾ ਰੱਬ ਤਾਂ ਉਹ ਹੈ ਜਿਹੜਾ ਸਮੁੰਦਰਾਂ ਵਿਚ ਤੁਹਾਡੀਆਂ ਬੇੜੀਆਂ ਤੋਰਦਾ ਹੈ ਤਾਂ ਜੋ ਤੁਸੀਂ ਉਸ (ਰੱਬ) ਦਾ ਫ਼ਜ਼ਲ (ਰੋਜ਼ੀ) ਭਾਲ ਸਕੋ। ਉਹ ਤੁਹਾਡੇ 'ਤੇ ਅਤਿਅੰਤ ਮਿਹਰਬਾਨ ਹੈ।

وَإِذَا مَسَّكُمُ الضُّرُّ فِي الْبَحْرِ ضَلَّ مَن تَدْعُونَ إِلَّا إِيَّاهُ ۖ فَلَمَّا نَجَّاكُمْ إِلَى الْبَرِّ أَعْرَضْتُمْ ۚ وَكَانَ الْإِنسَانُ كَفُورًا ﴿67﴾

67. ਜਦੋਂ ਸਮੁੰਦਰ ਵਿਚ ਤੁਹਾਨੂੰ ਕੋਈ ਭੀੜ ਆ ਪੈਂਦੀ ਹੈ ਤਾਂ ਅੱਲਾਹ ਨੂੰ ਛੱਡ ਕੇ ਜਿਨ੍ਹਾਂ ਨੂੰ ਤੁਸੀਂ (ਮਦਦ ਲਈ) ਪੁਕਾਰਿਆ ਕਰਦੇ ਹੋ ਉਹਨਾਂ ਸਾਰਿਆਂ ਨੂੰ ਭੁੱਲ ਜਾਂਦੇ ਹੋ[1] ਜਦੋਂ ਉਹ ਤੁਹਾਨੂੰ

[1] ਮੱਕੇ ਦੀ ਜਿੱਤ ਹੋਣ 'ਤੇ ਅਕਰਮਾ ਬਿਨ ਅਬੀ ਜਹਿਲ ਰਸੂਲ (ਸ:) ਤੋਂ ਡਰ ਕੇ ਭੱਜ ਗਿਆ ਅਤੇ ਹਬਸ਼ਾ ਜਾਣ ਵਾਲੀ ਬੇੜੀ ਵਿਚ ਸਵਾਰ ਹੋ ਗਿਆ ਉਦੋਂ ਹੀ ਬੇੜੀ ਤੂਫ਼ਾਨ ਵਿਚ ਫਸ ਗਈ ਬੇੜੀ ਦੇ ਸਵਾਰ ਲੋਕੀ ਇਕ ਦੂਜੇ ਨੂੰ ਆਖਣ ਲੱਗੇ ਕਿ ਅੱਲਾਹ ਤੋਂ ਛੁੱਟ ਤੁਹਾਨੂੰ ਕੋਣ ਬਚਾ ਸਕਦਾ ਹੈ। ਸੋ ਤੁਸੀਂ ਸਾਰੇ ਮਨੋਂ ਅਰਦਾਸ ਕਰੋ ਅਕਰਮਾ ਨੇ ਆਪਣੇ ਮਨ ਵਿਚ ਕਿਹਾ ਕਿ ਅੱਲਾਹ ਦੀ ਸੁਹੰ ਜੇ ਸਮੁੰਦਰ ਵਿਚ ਅੱਲਾਹ ਤੋਂ ਛੁੱਟ ਹੋਰ ਕੋਈ ਲਾਭ ਨਹੀਂ ਪਹੁੰਚਾ ਸਕਦਾ ਤਾਂ ਫੇਰ ਧਰਤੀ 'ਤੇ ਵੀ ਉਸ ਤੋਂ ਛੁੱਟ ਕੋਈ ਲਾਭ ਨਹੀਂ ਦੇ ਸਕਦਾ। ਹੇ ਅੱਲਾਹ! ਮੈਂ ਤੇਰੇ ਹਜ਼ੂਰ ਇਹ ਪ੍ਰਣ ਕਰਦਾ ਹਾਂ ਕਿ ਜੇ ਤੋਨੇ ਮੈਨੂੰ ਬਚਾ ਲਿਆ ਤਾਂ ਮੈਂ ਸਿੱਧਾ ਅੱਲਾਹ ਦੇ ਰਸੂਲ ਕੋਲ ਜਾਵਾਂਗਾ ਅਤੇ ਉਹਨਾਂ ਦੇ ਹੱਥ

ਖ਼ੁਸ਼ਕੀ (ਭਾਵ ਧਰਤੀ) ਵੱਲ ਬਚਾ ਲਿਆਉਂਦਾ ਹੈ ਫੇਰ ਤੁਸੀਂ ਉਸ ਤੋਂ ਮੂੰਹ ਮੋੜ ਲੈਂਦੇ ਹੋ। ਮਨੁੱਖ ਬੜਾ ਹੀ ਨਾ-ਸ਼ੁਕਰਾ।

68. ਕੀ ਤੁਸੀਂ ਇਸ ਗੱਲ ਤੋਂ ਬੇਡਰ ਹੋ ਗਏ ਹੋ ਕਿ ਉਹ (ਰੱਬ) ਤੁਹਾਨੂੰ ਸੁੱਕੀ ਥਾਂ (ਭਾਵ ਧਰਤੀ ਵਿਚ) ਧਸਾ ਦੇਵੇ ਜਾਂ ਤੁਹਾਡੇ 'ਤੇ ਪਥਰਾਓ ਕਰਨ ਵਾਲੀ ਹਨੇਰੀ ਭੇਜ ਦੇਵੇ, ਉਸ ਵੇਲੇ ਤੁਸੀਂ ਆਪਣੇ ਲਈ ਕੋਈ ਵੀ ਕਾਰਜ ਸਾਧਕ ਨਹੀਂ ਪਾਉਗੇ।

أَفَأَمِنتُمْ أَن يَخْسِفَ بِكُمْ جَانِبَ الْبَرِّ أَوْ يُرْسِلَ
عَلَيْكُمْ حَاصِبًا ثُمَّ لَا تَجِدُوا لَكُمْ وَكِيلًا ﴿٦٨﴾

69 ਕੀ ਤੁਹਾਨੂੰ ਇਸ ਦੀ ਕੋਈ ਵੀ ਚਿੰਤਾ ਨਹੀਂ ਕਿ ਉਹ (ਅੱਲਾਹ) ਤੁਹਾਨੂੰ ਫੇਰ ਸਮੁੰਦਰ ਦੇ ਸਫ਼ਰ 'ਤੇ ਲੈ ਜਾਵੇ ਅਤੇ ਤੁਹਾਡੇ 'ਤੇ ਤੇਜ਼ ਹਵਾਵਾਂ ਦੇ ਝੱਖੜ ਭੇਜ ਦੇਵੇ ਅਤੇ ਤੁਹਾਡੀ ਨਾ-ਸ਼ੁਕਰੀ ਕਾਰਨ ਤੁਹਾਨੂੰ ਡੋਬ ਦੇਵੇ। ਫੇਰ ਤੁਸੀਂ ਅਜਿਹਾ ਕੋਈ ਵੀ ਨਾ ਪਾਓਗੇ ਜਿਹੜਾ ਸਾਥੋਂ ਪੁੱਛ ਗਿੱਛ ਕਰ ਸਕੇ।

أَمْ أَمِنتُمْ أَن يُعِيدَكُمْ فِيهِ تَارَةً أُخْرَىٰ فَيُرْسِلَ
عَلَيْكُمْ قَاصِفًا مِّنَ الرِّيحِ فَيُغْرِقَكُم بِمَا كَفَرْتُمْ ثُمَّ
لَا تَجِدُوا لَكُمْ عَلَيْنَا بِهِ تَبِيعًا ﴿٦٩﴾

70. ਨਿਰਸੰਦੇਹ, ਅਸੀਂ ਹੀ ਆਦਮ ਦੀ ਸੰਤਾਨ ਨੂੰ ਆਦਰ-ਮਾਨ ਬਖ਼ਸ਼ਿਆ ਅਤੇ ਇਹਨਾਂ ਨੂੰ ਜਲ ਥਲ ਲਈ ਸਵਾਰੀਆਂ ਬਖ਼ਸ਼ੀਆਂ ਅਤੇ ਇਹਨਾਂ ਨੂੰ ਪਾਕੀਜ਼ਾ ਚੀਜ਼ਾਂ ਵਿੱਚੋਂ ਰੋਜ਼ੀਆਂ ਬਖ਼ਸ਼ੀਆਂ ਅਤੇ ਇਹਨਾਂ ਨੂੰ ਆਪਣੀ ਅਸੰਖ ਜੀਅ-ਜੰਤੂ 'ਤੇ, ਜਿਨ੍ਹਾਂ ਨੂੰ ਅਸੀਂ ਪੈਦਾ ਕੀਤਾ ਹੈ, ਵਡਿਆਈ ਬਖ਼ਸ਼ੀ।

وَلَقَدْ كَرَّمْنَا بَنِي آدَمَ وَحَمَلْنَاهُمْ فِي الْبَرِّ وَالْبَحْرِ
وَرَزَقْنَاهُم مِّنَ الطَّيِّبَاتِ وَفَضَّلْنَاهُمْ عَلَىٰ كَثِيرٍ مِّمَّنْ
خَلَقْنَا تَفْضِيلًا ﴿٧٠﴾

71 ਜਿਸ ਦਿਹਾੜੇ ਅਸਾਂ ਸਾਰੇ ਲੋਕਾਂ ਨੂੰ ਸਣੇ ਉਹਨਾਂ ਦੇ ਆਗੂ ਬੁਲਾਵਾਂਗਾ, ਉਸ ਦਿਨ ਜਿਨ੍ਹਾਂ ਦੀ ਕਰਮ ਪਤਰੀ ਸੱਜੇ ਹੱਥਾਂ ਵਿਚ ਫੜਾਈ

يَوْمَ نَدْعُو كُلَّ أُنَاسٍ بِإِمَامِهِمْ ۖ فَمَنْ أُوتِيَ
كِتَابَهُ بِيَمِينِهِ فَأُولَٰئِكَ يَقْرَءُونَ كِتَابَهُمْ
وَلَا يُظْلَمُونَ فَتِيلًا ﴿٧١﴾

ਵਿਚ ਆਪਣਾ ਹੱਥ ਦੇ ਦੇਵਾਂਗਾ ਅਤੇ ਉਹ ਲਾਜ਼ਮਨ ਮੇਰੇ ਨਾਲ ਮਿਹਰਬਾਨੀ ਤੇ ਮੁਹੱਬਤ ਵਾਲਾ ਵਰਤਾਓ ਕਰਨਗੇ ਜਦੋਂ ਉਹ ਬਚ ਕੇ ਸਮੁੰਦਰ ਤੋਂ ਬਾਹਰ ਆਇਆ ਤਾਂ ਅਕਰਮਾ ਸਿੱਧਾ ਨਬੀ (ਸ) ਕੋਲ ਆਇਆ ਅਤੇ ਆਪਣੀ ਘਟਨਾ ਸੁਣਾਈ ਅਤੇ ਇਸਲਾਮ ਧਰਮ ਨੂੰ ਸਵੀਕਾਰ ਕਰਕੇ ਇਕ ਪੱਕਾ ਸੱਚਾ ਮੁਸਲਮਾਨ ਬਣ ਗਿਆ। (ਤਫ਼ਸੀਰ ਇਬਨੇ ਕਸੀਰ, ਸੂਰਤ ਬਨੀ-ਇਸਰਾਈਲ 67/17)

ਜਾਵੇਗੀ ਉਹ ਤਾਂ ਆਪਣਾ ਲਿੱਖਿਆ (ਖ਼ੁਸ਼ ਹੋਕੇ) ਪੜ੍ਹਣਗੇ ਅਤੇ ਉਹਨਾਂ ਨਾਲ ਰੇਸ਼ਾ ਬਰਾਬਰ ਵੀ ਵਿਤਕਰਾ ਨਹੀਂ ਹੋਵੇਗਾ।

وَمَن كَانَ فِي هَٰذِهِ أَعْمَىٰ فَهُوَ فِي الْآخِرَةِ أَعْمَىٰ وَأَضَلُّ سَبِيلًا (٧٢)

72. ਅਤੇ ਜਿਹੜਾ ਕੋਈ ਸੰਸਾਰ ਵਿਚ ਅੰਨ੍ਹਾ ਬਣ ਕੇ ਰਿਹਾ ਉਹ ਆਖ਼ਿਰਤ ਵਿਚ ਵੀ ਅੰਨ੍ਹਾ ਅਤੇ ਰਾਹੋਂ ਭਟਕਿਆ ਹੋਇਆ ਹੋਵੇਗਾ।

وَإِن كَادُوا لَيَفْتِنُونَكَ عَنِ الَّذِي أَوْحَيْنَا إِلَيْكَ لِتَفْتَرِيَ عَلَيْنَا غَيْرَهُ ۖ وَإِذًا لَّاتَّخَذُوكَ خَلِيلًا (٧٣)

73. (ਹੇ ਨਬੀ!) ਇਹ (ਮੱਕੇ ਦੇ ਕਾਫ਼ਿਰ) ਲੋਕ ਤੁਹਾਨੂੰ ਉਸ ਵਹੀ (ਰੱਬੀ ਸੁਨੇਹੇ) ਤੋਂ ਤਿਲਕਾ ਦੇਣਾ ਚਾਹੁੰਦੇ ਹਨ ਜਿਹੜੀ ਤੁਹਾਡੇ 'ਤੇ ਉਤਾਰੀ ਹੈ ਅਤੇ ਚਾਹੁੰਦੇ ਹਨ ਕਿ ਤੁਸੀਂ ਇਸ (ਵਹੀ) ਤੋਂ ਛੁੱਟ ਕੁੱਝ ਹੋਰ ਵੀ ਸਾਡੇ ਨਾਂ ਤੋਂ ਘੜ੍ਹ ਲਵੋ (ਜੇ ਤੁਸੀਂ ਉਨ੍ਹਾਂ ਦੀ ਗੱਲ ਮੰਨ ਲੈਂਦੇ) ਤਦ ਇਹ ਲੋਕੀ ਤੁਹਾਨੂੰ ਆਪਣਾ ਮਿੱਤਰ ਬਣਾ ਲੈਂਦੇ।

وَلَوْلَا أَن ثَبَّتْنَاكَ لَقَدْ كِدتَّ تَرْكَنُ إِلَيْهِمْ شَيْئًا قَلِيلًا (٧٤)

74 (ਹੇ ਨਬੀ!) ਜੇ ਅਸੀਂ ਤੁਹਾਨੂੰ ਦ੍ਰਿੜਤਾ ਨਾ ਬਖ਼ਸ਼ੀ ਹੁੰਦੀ ਤਾਂ ਤੁਸੀਂ ਉਹਨਾਂ (ਕਾਫ਼ਿਰਾਂ) ਵੱਲ ਥੋੜ੍ਹਾ ਬਹੁਤ ਉਲਾਰ ਹੋ ਹੀ ਜਾਂਦੇ।

إِذًا لَّأَذَقْنَاكَ ضِعْفَ الْحَيَاةِ وَضِعْفَ الْمَمَاتِ ثُمَّ لَا تَجِدُ لَكَ عَلَيْنَا نَصِيرًا (٧٥)

75. (ਹੇ ਨਬੀ! ਜੇ ਇੰਜ ਹੁੰਦਾ) ਫੇਰ ਅਸੀਂ ਤੁਹਾਨੂੰ ਜੀਵਨ ਵਿਚ ਵੀ ਤੇ ਮਰਨ ਤੋਂ ਬਾਅਦ ਵੀ ਦੋਹਰਾ ਅਜ਼ਾਬ ਦਿੰਦੇ। ਫੇਰ ਤੁਹਾਨੂੰ ਸਾਡੇ ਮੁਕਾਬਲੇ ਕੋਈ ਵੀ ਸਹਾਇਕ ਨਾ ਮਿਲਦਾ।

وَإِن كَادُوا لَيَسْتَفِزُّونَكَ مِنَ الْأَرْضِ لِيُخْرِجُوكَ مِنْهَا ۖ وَإِذًا لَّا يَلْبَثُونَ خِلَافَكَ إِلَّا قَلِيلًا (٧٦)

76 ਇਹ ਲੋਕ ਇਸ (ਮੱਕੇ) ਦੀ ਧਰਤੀ ਤੋਂ ਤੁਹਾਡੇ ਪੈਰ (ਮੱਕੇ ਤੋਂ) ਉਖਾੜ ਦੇਣਾ ਚਾਹੁੰਦੇ ਹਨ ਤਾਂ ਜੋ ਤੁਸੀਂ ਇੱਥੋਂ ਨਿਕਲ ਜਾਓ (ਜੇ ਭਲਾ ਅਜਿਹਾ ਹੋ ਵੀ ਜਾਵੇ) ਤਾਂ ਤੁਹਾਡੇ ਪਿੱਛੋਂ ਇਹ ਵੀ ਕੁੱਝ ਦੇਰ ਹੀ ਟਿਕ ਸਕਣਗੇ।

سُنَّةَ مَن قَدْ أَرْسَلْنَا قَبْلَكَ مِن رُّسُلِنَا ۖ وَلَا تَجِدُ لِسُنَّتِنَا تَحْوِيلًا (٧٧)

77. ਉਹਨਾਂ ਰਸੂਲਾਂ ਦੇ ਦਸਤੂਰ ਵਾਂਗ, ਜਿਹੜੇ (ਹੇ ਨਬੀ!) ਅਸੀਂ ਤੁਹਾਥੋਂ ਪਹਿਲਾਂ ਭੇਜੇ ਸਨ, (ਇਹ

ਵੀ ਹਲਾਕ ਹੋ ਜਾਵੇ) ਤੁਸੀਂ ਸਾਡੇ ਦਸਤੂਰ (ਨੀਤੀ) ਵਿਚ ਕੋਈ ਬਦਲਾਓ ਨਹੀਂ ਵੇਖੋਗੇ।

78. ਸੂਰਜ ਢਲਣ ਤੋਂ ਲੈਕੇ ਰਾਤ ਦੇ ਹਨੇਰੇ ਤਕ ਨਮਾਜ਼ ਕਾਇਮ ਕਰੋ ਅਤੇ ਫ਼ਜਰ ਦੀ ਨਮਾਜ਼ ਵੀ (ਕਾਇਮ ਕਰੋ)। ਬੇਸ਼ੱਕ ਫ਼ਜਰ ਦੀ ਨਮਾਜ਼ ਵੇਲੇ ਫ਼ਰਿਸ਼ਤਿਆਂ ਦੀ ਹਾਜ਼ਰੀ ਦਾ ਸਮਾਂ ਹੁੰਦਾ ਹੈ।[1]

أَقِمِ الصَّلَاةَ لِدُلُوكِ الشَّمْسِ إِلَىٰ غَسَقِ اللَّيْلِ وَقُرْآنَ الْفَجْرِ ۖ إِنَّ قُرْآنَ الْفَجْرِ كَانَ مَشْهُودًا ﴿٧٨﴾

79. (ਹੇ ਨਬੀ!) ਰਾਤ ਦੇ ਕੁੱਝ ਹਿੱਸੇ ਵਿਚ ਵੀ ਤੁਸੀਂ ਇਸ ਕੁਰਆਨ ਨੂੰ ਤਹੱਜਦ ਦੀ ਨਮਾਜ਼ ਵਿਚ ਪੜ੍ਹੋ। ਇਹ (ਤਹੱਜਦ) ਵਿਸ਼ੇਸ਼ਕਰ ਤੁਹਾਡੇ ਲਈ ਹੈ। ਆਸ ਹੈ ਕਿ ਤੁਹਾਡਾ ਰੱਬ ਤੁਹਾਨੂੰ ਮੁਕਾਮੇ ਮਹਿਮੂਦ[2] 'ਤੇ ਲਿਆ ਖੜ੍ਹਾ ਕਰੇਗਾ।

وَمِنَ اللَّيْلِ فَتَهَجَّدْ بِهِ نَافِلَةً لَّكَ عَسَىٰ أَن يَبْعَثَكَ رَبُّكَ مَقَامًا مَّحْمُودًا ﴿٧٩﴾

---

[1] ਇਸ ਦਾ ਅਰਥ ਹਦੀਸ ਵਿਚ ਬਿਆਨ ਕੀਤਾ ਗਿਆ ਹੈ ਕਿ ਉਸ ਸਮੇਂ ਰਾਤ ਤੇ ਦਿਨ ਦੇ ਫ਼ਰਿਸ਼ਤੇ ਹਾਜ਼ਰ ਹੁੰਦੇ ਹਨ ਅਤੇ ਇਕੱਠੇ ਹੁੰਦੇ ਹਨ। ਸੋ ਅੱਲਾਹ ਦੇ ਰਸੂਲ ਦਾ ਫ਼ਰਮਾਨ ਹੈ ਕਿ ਜਮਾਅਤ ਨਾਲ ਨਮਾਜ਼ ਪੜ੍ਹਣ ਦਾ ਸਵਾਬ ਇਕੱਲੇ ਵਿਅਕਤੀ ਦੀ ਨਮਾਜ਼ ਤੋਂ ਪੰਜੀ ਗੁਣਾ ਵੱਧ ਹੈ ਰਾਤ ਤੇ ਦਿਨ ਦੇ ਫ਼ਰਿਸ਼ਤੇ ਫ਼ਜਰ ਵੇਲੇ ਇਕੱਠੇ ਹੁੰਦੇ ਹਨ। (ਸਹੀ ਬੁਖ਼ਾਰੀ, ਹਦੀਸ: 648)

[2] ਮਕਾਮੇ-ਮਹਿਮੂਦ ਕਿਆਮਤ ਦਿਹਾੜੇ ਨਬੀ (ਸ:) ਨੂੰ ਬਖ਼ਸ਼ਿਆ ਜਾਵੇਗਾ ਜਿਸ 'ਤੇ ਬਰਾਜਮਾਨ ਹੋ ਕੇ ਆਪ (ਸ:) ਸ਼ਫ਼ਾਅਤ (ਸਿਫ਼ਾਰਸ਼) ਕਰਨਗੇ ਜਿਵੇਂ ਕਿ ਹਦੀਸ ਵਿਚ ਹੈ। ਇਬਨੇ-ਉਮਰ ਦਾ ਕਹਿਣਾ ਹੈ ਕਿ ਕਿਆਮਤ ਵਾਲੇ ਦਿਨ ਲੋਕੀ ਆਪਣੇ ਗੋਡਿਆਂ ਦੇ ਭਾਰ ਪਏ ਹੋਣਗੇ ਅਤੇ ਹਰੇਕ ਉੱਮਤ ਆਪਣੇ ਨਬੀ ਦੇ ਪਿੱਛੇ ਤੁਰੀ ਆਵੇਗੀ ਅਤੇ ਲੋਕੀ ਆਖਣਗੇ ਹੇ ਫਲਾਣੇ! ਅੱਲਾਹ ਤੋਂ ਸਾਡੀ ਸ਼ਿਫ਼ਾਅਤ (ਸਿਫ਼ਾਰਸ਼) ਕਰ ਦਿਓ। ਇੱਥੋਂ ਤਕ ਕਿ ਸਿਫ਼ਾਰਸ਼ ਕਰਨ ਦਾ ਅਧਿਕਾਰ ਨਬੀ (ਸ:) ਨੂੰ ਦੇ ਦਿੱਤਾ ਜਾਵੇਗਾ ਅਤੇ ਉਹ ਉਹੀਓ ਦਿਹਾੜਾ ਹੋਵੇਗਾ ਜਦੋਂ ਅੱਲਾਹ ਨਬੀ (ਸ:) ਨੂੰ ਮਕਾਮੇ-ਮਹਮੂਦ 'ਤੇ ਬਰਾਜਮਾਨ ਕਰੇਗਾ। (ਸਹੀ ਬੁਖ਼ਾਰੀ, ਹਦੀਸ: 4718)

● ਦੂਜੀ ਹਦੀਸ ਵਿਚ ਨਬੀ (ਸ:) ਨੇ ਫ਼ਰਮਾਇਆ ਜਿਹੜਾ ਵਿਅਕਤੀ ਅਜ਼ਾਨ ਸੁਣਨ ਤੋਂ ਬਾਅਦ ਦੁਆ ਪੜ੍ਹੇਗਾ ਉਸ ਨੂੰ ਕਿਆਮਤ ਵਾਲੇ ਦਿਨ ਮੇਰੀ ਸਿਫ਼ਾਰਸ਼ ਨਸੀਬ ਹੋਵੇਗੀ ਦੁਆ ਹੈ:

"ਹੇ ਅੱਲਾਹ! ਇਸ ਪੂਰਨ ਦਾਅਵਤ ਅਤੇ ਇਸ ਨਮਾਜ਼ ਦੇ ਮਾਲਿਕ ਜਿਹੜੀ ਹੁਣੇ ਕਾਇਮ ਹੋਣ ਵਾਲੀ ਹੈ ਮੁਹੰਮਦ (ਸ:) ਨੂੰ ਵਸੀਲਾ ਅਤੇ ਫ਼ਜ਼ੀਲਤ ਬਖ਼ਸ਼ ਦੇ ਅਤੇ ਇਹਨਾਂ ਨੂੰ ਮੁਕਾਮੇ ਮਹਮੂਦ 'ਤੇ ਬਰਾਜਮਾਨ ਕਰ ਜਿਸ ਦਾ ਤੂੰ ਇਹਨਾਂ ਨਾਲ ਵਾਅਦਾ ਕੀਤਾ ਹੋਇਆ ਹੈ।" (ਸਹੀ ਬੁਖ਼ਾਰੀ, ਹਦੀਸ: 4719)

■ ਸਵਰਗ ਵਿਚ ਵਸੀਲਾ ਨਾਂ ਦੀ ਸਭ ਤੋਂ ਉੱਚੀ ਥਾਂ ਹੈ ਜਿਹੜੀ ਨਬੀ (ਸ:) ਨੂੰ ਵਿਸ਼ੇਸ਼ ਕਰ ਬਖ਼ਸ਼ੀ ਜਾਵੇਗੀ। ਅਲਫ਼ਜ਼ੀਲਤ ਆਦਰਮਾਨ ਦਾ ਇਕ ਵਿਸ਼ੇਸ਼ ਦਰਜਾ ਹੈ ਜਿਹੜਾ ਨਬੀ (ਸ:) ਨੂੰ ਸਾਰੀ ਮਖ਼ਲੂਕ ਲਈ ਬਖ਼ਸ਼ਿਆ ਜਾਵੇਗਾ।

80. (ਹੇ ਨਬੀ!) ਆਖੋ ਕਿ ਹੇ ਮੇਰੇ ਰੱਬਾ! ਮੈਨੂੰ ਜਿੱਥੇ ਵੀ ਤੂੰ ਲੈ ਜਾਵੇਂ, ਸੱਚਾਈ ਦੇ ਨਾਲ ਹੀ ਲੈ ਕੇ ਜਾਈਂ ਅਤੇ ਜਿੱਥਿਓਂ ਵੀ ਕੱਢੀਂ, ਸਚਾਈ ਨਾਲ ਹੀ ਕੱਢੀਂ ਅਤੇ ਆਪਣੇ ਵੱਲੋਂ ਰਾਜ ਸੱਤਾ ਨੂੰ ਮੇਰਾ ਸਹਾਇਕ ਬਣਾ।

وَقُل رَّبِّ أَدْخِلْنِي مُدْخَلَ صِدْقٍ وَأَخْرِجْنِي مُخْرَجَ صِدْقٍ وَاجْعَل لِّي مِن لَّدُنكَ سُلْطَانًا نَّصِيرًا ﴿80﴾

81. (ਹੇ ਨਬੀ!) ਐਲਾਨ ਕਰ ਦਿਓ ਕਿ ਸੱਚ (ਭਾਵ ਇਸਲਾਮ) ਆ ਗਿਆ ਤੇ ਝੂਠ (ਭਾਵ ਕੁਫ਼ਰ) ਦਾ ਅੰਤ ਹੋ ਗਿਆ, ਝੂਠ ਤਾਂ ਖ਼ਤਮ ਹੋਣ ਲਈ ਹੀ ਹੈ।

وَقُلْ جَاءَ الْحَقُّ وَزَهَقَ الْبَاطِلُ ۚ إِنَّ الْبَاطِلَ كَانَ زَهُوقًا ﴿81﴾

82. ਅਤੇ ਅਸੀਂ ਜਿਹੜਾ ਕੁਰਆਨ ਨਾਜ਼ਿਲ ਕਰ ਰਹੇ ਹਾਂ, ਇਸ ਵਿਚ ਈਮਾਨ ਵਾਲਿਆਂ ਲਈ ਤਾਂ ਸ਼ਿਫ਼ਾ (ਰੋਗਾਂ ਦਾ ਇਲਾਜ) ਅਤੇ ਰਹਿਮਤ ਹੈ, ਪਰ ਉਹ ਜ਼ਾਲਮਾਂ ਦੇ ਘਾਟੇ ਵਿਚ ਹੀ ਵਾਧਾ ਕਰਦਾ ਹੈ।

وَنُنَزِّلُ مِنَ الْقُرْآنِ مَا هُوَ شِفَاءٌ وَرَحْمَةٌ لِّلْمُؤْمِنِينَ ۙ وَلَا يَزِيدُ الظَّالِمِينَ إِلَّا خَسَارًا ﴿82﴾

83. ਜਦੋਂ ਅਸੀਂ ਮਨੁੱਖ ਨੂੰ ਨਿਆਮਤਾਂ ਨਾਲ ਨਿਵਾਜਦੇ ਹਾਂ ਤਾਂ ਉਹ ਮੂੰਹ ਮੋੜ ਲੈਂਦਾ ਹੈ ਤੇ ਪਿੱਠ ਫੇਰ ਲੈਂਦਾ ਹੈ, ਜਦੋਂ ਉਸ ਨੂੰ ਕੋਈ ਭੀੜ ਪੈਂਦੀ ਹੈ ਤਾਂ (ਰੱਬ ਦੀਆਂ ਮਿਹਰਾਂ ਤੋਂ) ਨਿਰਾਸ਼ ਹੋ ਜਾਂਦਾ ਹੈ।

وَإِذَا أَنْعَمْنَا عَلَى الْإِنسَانِ أَعْرَضَ وَنَأَىٰ بِجَانِبِهِ ۖ وَإِذَا مَسَّهُ الشَّرُّ كَانَ يَئُوسًا ﴿83﴾

84. (ਹੇ ਨਬੀ!) ਤੁਸੀਂ ਆਖ ਦਿਓ ਕਿ ਹਰ ਵਿਅਕਤੀ ਆਪਣੇ ਤਰੀਕੇ ਅਨੁਸਾਰ ਹੀ ਕੰਮ ਕਰਦਾ ਹੈ। ਹੁਣ ਇਹ ਗੱਲ ਕਿ ਕੌਣ ਸਿੱਧੇ ਰਾਹ 'ਤੇ ਹੈ ਤੁਹਾਡਾ ਰੱਬ ਹੀ ਜਾਣਦਾ ਹੈ।

قُلْ كُلٌّ يَعْمَلُ عَلَىٰ شَاكِلَتِهِ فَرَبُّكُمْ أَعْلَمُ بِمَنْ هُوَ أَهْدَىٰ سَبِيلًا ﴿84﴾

85. (ਹੇ ਨਬੀ!) ਇਹ ਲੋਕ ਤੁਹਾਥੋਂ ਰੂਹ (ਆਤਮਾ) ਬਾਰੇ ਪੁੱਛਦੇ ਹਨ। ਤੁਸੀਂ ਕਹਿ ਦਿਓ ਕਿ ਇਹ ਰੂਹ ਮੇਰੇ ਰੱਬ ਦੇ ਹੁਕਮ ਹੈ ਅਤੇ ਤੁਹਾਨੂੰ ਤਾਂ ਬਹੁਤ ਹੀ ਥੋੜ੍ਹਾ ਗਿਆਨ ਦਿੱਤਾ ਗਿਆ ਹੈ।

وَيَسْأَلُونَكَ عَنِ الرُّوحِ ۖ قُلِ الرُّوحُ مِنْ أَمْرِ رَبِّي وَمَا أُوتِيتُم مِّنَ الْعِلْمِ إِلَّا قَلِيلًا ﴿85﴾

86. (ਹੇ ਨਬੀ!) ਜੇ ਅਸੀਂ ਚਾਹੀਏ ਤਾਂ ਜਿਹੜੀ ਵਹੀ (ਰੱਬੀ ਸੰਦੇਸ਼) ਤੁਹਾਡੇ ਵੱਲ ਘੱਲੀ ਗਈ ਹੈ ਉਹ ਤੁਹਾਥੋਂ ਖੋਹ ਲਈਏ ਫੇਰ ਤੁਸੀਂ ਸਾਡੇ

وَلَئِن شِئْنَا لَنَذْهَبَنَّ بِالَّذِي أَوْحَيْنَا إِلَيْكَ ثُمَّ لَا تَجِدُ لَكَ بِهِ عَلَيْنَا وَكِيلًا ﴿86﴾

ਮੁਕਾਬਲੇ ਵਿਚ ਕਿਸੇ ਤੋਂ ਵੀ ਸਹਾਇਤਾ ਨਹੀਂ ਲਭ ਸਕੋਗੇ।

87 ਛੁੱਟ ਤੁਹਾਡੇ ਰੱਬ ਦੀਆਂ ਮਿਹਰਾਂ ਤੋਂ (ਕੋਈ ਸਹਾਈ ਨਹੀਂ) ਨਿਸੰਦੇਹ, ਤੁਹਾਡੇ 'ਤੇ ਉਸ ਦਾ ਬਹੁਤ ਹੀ ਵੱਡਾ ਫ਼ਜ਼ਲ ਹੈ।

إِلَّا رَحْمَةً مِّن رَّبِّكَ ۚ إِنَّ فَضْلَهُ كَانَ عَلَيْكَ كَبِيرًا ﴿٨٧﴾

88 (ਹੇ ਨਬੀ!) ਆਖ ਦਿਓ ਜੇਕਰ ਸਾਰੇ ਹੀ ਮਨੁੱਖ ਤੇ ਜਿੰਨ ਰਲ ਕੇ ਵੀ ਇਸ ਕੁਰਆਨ ਜਿਹੀ ਕੋਈ ਚੀਜ਼ ਲਿਆਉਣਾ ਚਾਹੁਣ ਤਾਂ ਨਹੀਂ ਲਿਆ ਸਕਦੇ ਭਾਵੇਂ ਉਹ ਇਕ ਦੂਜੇ ਦੇ ਸਹਾਇਕ ਹੀ ਕਿਉਂ ਨਾ ਬਣ ਜਾਣ।

قُل لَّئِنِ اجْتَمَعَتِ الْإِنسُ وَالْجِنُّ عَلَىٰ أَن يَأْتُوا بِمِثْلِ هَٰذَا الْقُرْآنِ لَا يَأْتُونَ بِمِثْلِهِ وَلَوْ كَانَ بَعْضُهُمْ لِبَعْضٍ ظَهِيرًا ﴿٨٨﴾

89. ਅਸੀਂ ਇਸ ਕੁਰਆਨ ਵਿਚ (ਲੋਕਾਂ ਨੂੰ ਸਮਝਾਉਣ ਲਈ) ਹਰ ਮਿਸਾਲ ਨੂੰ ਵਾਰ ਵਾਰ ਬਿਆਨ ਕੀਤਾ ਹੈ। ਫੇਰ ਵੀ ਵਧੇਰੇ ਲੋਕ ਨਾ ਸ਼ੁਕਰੀ ਕਰੇ ਬਿਨਾਂ ਨਹੀਂ ਰਹਿ ਸਕਦੇ।

وَلَقَدْ صَرَّفْنَا لِلنَّاسِ فِي هَٰذَا الْقُرْآنِ مِن كُلِّ مَثَلٍ فَأَبَىٰ أَكْثَرُ النَّاسِ إِلَّا كُفُورًا ﴿٨٩﴾

90. ਉਹਨਾਂ (ਕਾਫ਼ਿਰਾਂ) ਨੇ ਕਿਹਾ ਕਿ ਅਸੀਂ ਤੇਰੇ ਉੱਤੇ (ਹੇ ਮੁਹੰਮਦ ਸ:!) ਉਦੋਂ ਤੀਕ ਈਮਾਨ ਨਹੀਂ ਲਿਆਵਾਂਗੇ ਜਦੋਂ ਤੀਕ ਕਿ ਤੂੰ ਸਾਡੇ ਲਈ ਧਰਤੀ ਵਿੱਚੋਂ ਕੋਈ ਸੋਮਾ ਨਾ ਵਗਾ ਦੇਵੇਂ।

وَقَالُوا لَن نُّؤْمِنَ لَكَ حَتَّىٰ تَفْجُرَ لَنَا مِنَ الْأَرْضِ يَنبُوعًا ﴿٩٠﴾

91 ਜਾਂ ਤੇਰੇ ਆਪਣੇ ਲਈ ਖਜੂਰਾਂ ਜਾਂ ਅੰਗੂਰਾਂ ਦਾ ਬਾਗ਼ ਹੋਵੇ ਫੇਰ ਤੂੰ ਉਸ ਵਿਚਾਲੇ (ਜਗ੍ਹਾ ਜਗ੍ਹਾ) ਨਹਿਰਾਂ ਵਗਾ ਦੇਵੇਂ।

أَوْ تَكُونَ لَكَ جَنَّةٌ مِّن نَّخِيلٍ وَعِنَبٍ فَتُفَجِّرَ الْأَنْهَارَ خِلَالَهَا تَفْجِيرًا ﴿٩١﴾

92. ਜਾਂ ਤੂੰ ਸਾਡੇ 'ਤੇ ਅਕਾਸ਼ ਨੂੰ ਟੋਟੇ-ਟੋਟੇ ਕਰ ਕੇ (ਅਜ਼ਾਬ ਵਜੋਂ) ਡੇਗ ਦੇਵੇਂ, ਜਿਵੇਂ ਕਿ ਤੂੰ ਕਿਹਾ ਕਰਦਾ ਹੈ। ਜਾਂ ਤੂੰ (ਆਪਣੀ ਪੁਸ਼ਟੀ ਲਈ) ਅੱਲਾਹ ਅਤੇ ਫ਼ਰਿਸ਼ਤਿਆਂ ਨੂੰ ਸਾਡੇ ਸਾਹਮਣੇ ਲੈ ਆ।

أَوْ تُسْقِطَ السَّمَاءَ كَمَا زَعَمْتَ عَلَيْنَا كِسَفًا أَوْ تَأْتِيَ بِاللَّهِ وَالْمَلَائِكَةِ قَبِيلًا ﴿٩٢﴾

أَوْ يَكُونَ لَكَ بَيْتٌ مِّن زُخْرُفٍ أَوْ تَرْقَىٰ فِي
السَّمَاءِ ۚ وَلَن نُّؤْمِنَ لِرُقِيِّكَ حَتَّىٰ تُنَزِّلَ
عَلَيْنَا كِتَابًا نَّقْرَؤُهُ ۗ قُلْ سُبْحَانَ رَبِّي هَلْ
كُنتُ إِلَّا بَشَرًا رَّسُولًا ﴿٩٣﴾

93 ਜਾਂ ਤੇਰੇ ਰਹਿਣ ਲਈ ਸੋਨੇ ਦਾ ਕੋਈ ਘਰ ਹੋਵੇ ਜਾਂ ਤੂੰ ਅਕਾਸ਼ 'ਤੇ ਚੜ੍ਹ ਜਾਵੇਂ ਅਤੇ ਅਸੀਂ ਤੇਰੇ ਅਸਮਾਨ 'ਤੇ ਚੜ੍ਹਣ ਦਾ ਉਦੋਂ ਤੀਕ ਵਿਸ਼ਵਾਸ ਨਹੀਂ ਕਰਾਂਗੇ ਜਦੋਂ ਤੀਕ ਤੂੰ ਉੱਥਿਓਂ ਸਾਡੇ ਲਈ ਕੋਈ ਕਿਤਾਬ ਨਾ ਉਤਾਰ ਲਿਆਵੇਂ ਜਿਸ ਨੂੰ ਅਸੀਂ ਪੜ੍ਹ ਵੇਖੀਏ। (ਹੇ ਨਬੀ!) ਤੁਸੀਂ ਆਖੋ ਕਿ ਮੇਰਾ ਪਾਲਣਹਾਰ ਪਾਕ ਹੈ, ਮੈਂ ਤਾਂ ਕੇਵਲ ਇਕ ਮਨੁੱਖ ਹਾਂ ਜਿਸ ਨੂੰ ਪੈਗ਼ੰਬਰ ਬਣਾਇਆ ਗਿਆ ਹੈ।

وَمَا مَنَعَ النَّاسَ أَن يُؤْمِنُوا إِذْ جَاءَهُمُ الْهُدَىٰ
إِلَّا أَن قَالُوا أَبَعَثَ اللَّهُ بَشَرًا رَّسُولًا ﴿٩٤﴾

94. ਲੋਕਾਂ ਕੋਲ ਹਿਦਾਇਤ ਆਉਣ ਤੋਂ ਬਾਅਦ ਵੀ ਉਹਨਾਂ ਨੂੰ ਈਮਾਨ ਲਿਆਉਣ ਤੋਂ ਕੇਵਲ ਇਸੇ ਚੀਜ਼ ਨੇ ਰੋਕ ਰੱਖਿਆ ਸੀ ਕਿ ਉਹ ਕਹਿੰਦੇ ਸਨ, ਕੀ ਅੱਲਾਹ ਨੇ ਮਨੁੱਖ ਨੂੰ ਰਸੂਲ ਬਣਾਇਆ ਹੈ?

قُل لَّوْ كَانَ فِي الْأَرْضِ مَلَائِكَةٌ يَمْشُونَ مُطْمَئِنِّينَ
لَنَزَّلْنَا عَلَيْهِم مِّنَ السَّمَاءِ مَلَكًا رَّسُولًا ﴿٩٥﴾

95. (ਹੇ ਨਬੀ!) ਤੁਸੀਂ ਕਹਿ ਦਿਓ ਕਿ ਜੇ ਧਰਤੀ 'ਤੇ ਫ਼ਰਿਸ਼ਤੇ ਨਿਸ਼ਚਿੰਤ ਹੋ ਕੇ ਤੁਰਦੇ-ਫਿਰਦੇ ਹੁੰਦੇ ਤਾਂ ਵੀ ਅਸੀਂ ਅਕਾਸ਼ੋਂ ਉਹਨਾਂ ਲਈ ਕਿਸੇ ਫ਼ਰਿਸ਼ਤੇ ਨੂੰ ਹੀ ਰਸੂਲ ਬਣਾ ਕੇ ਭੇਜਦੇ।

قُلْ كَفَىٰ بِاللَّهِ شَهِيدًا بَيْنِي وَبَيْنَكُمْ ۚ إِنَّهُ كَانَ
بِعِبَادِهِ خَبِيرًا بَصِيرًا ﴿٩٦﴾

96. (ਹੇ ਨਬੀ!) ਆਖ ਦਿਓ ਕਿ ਮੇਰੇ ਅਤੇ ਤੁਹਾਡੇ ਵਿਚਕਾਰ ਅੱਲਾਹ ਦੀ ਗਵਾਹੀ ਬਥੇਰੀ ਹੈ (ਕਿ ਮੈਨੇ ਤੁਹਾਨੂੰ ਰੱਬੀ ਪੈਗ਼ਾਮ ਘੱਲ ਦਿੱਤਾ ਹੈ) ਉਹ (ਅੱਲਾਹ) ਆਪਣੇ ਬੰਦਿਆਂ ਤੋਂ ਭਲੀ-ਭਾਂਤ ਜਾਣੂ ਹੈ ਅਤੇ ਸਭ ਕੁੱਝ ਵੇਖਣ ਵਾਲਾ ਹੈ।

وَمَن يَهْدِ اللَّهُ فَهُوَ الْمُهْتَدِ ۖ وَمَن يُضْلِلْ فَلَن
تَجِدَ لَهُمْ أَوْلِيَاءَ مِن دُونِهِ ۖ وَنَحْشُرُهُمْ يَوْمَ
الْقِيَامَةِ عَلَىٰ وُجُوهِهِمْ عُمْيًا وَبُكْمًا وَصُمًّا ۖ
مَّأْوَاهُمْ جَهَنَّمُ ۖ كُلَّمَا خَبَتْ زِدْنَاهُمْ سَعِيرًا ﴿٩٧﴾

97. ਅੱਲਾਹ ਜਿਸ ਨੂੰ ਰਾਹ ਪਾਵੇ ਉਹੀਓ ਸਿੱਧੀ ਰਾਹ ਪ੍ਰਾਪਤ ਕਰਦਾ ਹੈ ਅਤੇ ਜਿਸ ਨੂੰ ਉਹੀਓ ਕੁਰਾਹੇ ਪਾ ਦੇਵੇ ਤਾਂ ਛੁੱਟ ਉਸ (ਅੱਲਾਹ) ਦੀ ਸਹਾਇਤਾ ਤੋਂ ਉਸ ਨੂੰ ਕੋਈ ਹੋਰ ਸਹਾਇਕ ਨਹੀਂ ਮਿਲ ਸਕਦਾ। ਅਜਿਹੇ (ਕੁਰਾਹੇ ਪਏ) ਲੋਕਾਂ ਨੂੰ ਅਸੀਂ ਕਿਆਮਤ ਦਿਹਾੜੇ ਮੂੰਧੇ

ਮੂੰਹਾਂ[1] ਘਸੀਟ ਲਿਆਵਾਂਗੇ, ਅਤੇ ਅੰਨ੍ਹੇ-ਗੂੰਗੇ ਤੇ ਬੋਲੇ ਕਰਕੇ ਕਬਰਾਂ 'ਚੋਂ ਉਠਾਵਾਂਗੇ। ਉਹਨਾਂ ਦਾ ਟਿਕਾਣਾ ਨਰਕ ਹੋਵੇਗਾ। ਜਦੋਂ ਉਹ (ਅੱਗ) ਠੰਡੀ ਹੋਣ ਲੱਗੇਗੀ ਅਸੀਂ ਉਸ (ਅੱਗ) ਨੂੰ ਹੋਰ ਸੁਲਗਾ ਦੇਵਾਂਗੇ।

98. ਇਹ ਉਹਨਾਂ ਦੀ ਸਜ਼ਾ ਹੈ, ਕਿਉਂ ਜੋ ਉਹਨਾਂ ਨੇ ਸਾਡੀਆਂ ਆਇਤਾਂ ਦਾ ਇਨਕਾਰ ਕੀਤਾ ਅਤੇ ਕਿਹਾ ਕਿ ਜਦੋਂ ਅਸੀਂ ਹੱਡੀਆਂ ਅਤੇ ਚੂਰਾ ਚੂਰਾ ਹੋ ਜਾਵਾਂਗੇ ਤਾਂ ਕੀ ਅਸੀਂ ਨਵੇਂ ਸਿਰਿਓਂ ਉਠਾਏ ਜਾਵਾਂਗੇ?

ذَٰلِكَ جَزَآؤُهُم بِأَنَّهُمْ كَفَرُوا بِـَٔايَٰتِنَا وَقَالُوٓا
أَءِذَا كُنَّا عِظَٰمًا وَرُفَٰتًا أَءِنَّا لَمَبْعُوثُونَ
خَلْقًا جَدِيدًا ٩٨

99. ਕੀ ਉਹਨਾਂ ਨੇ ਇਸ ਗੱਲ ਵੱਲ ਧਿਆਨ ਨਹੀਂ ਮਾਰੀ ਕਿ ਜਿਸ ਅੱਲਾਹ ਨੇ ਅਕਾਸ਼ ਤੇ ਧਰਤੀ ਨੂੰ ਪੈਦਾ ਕੀਤਾ ਹੈ ਉਹ ਉਹਨਾਂ ਜਿਹਿਆਂ ਨੂੰ ਪੈਦਾ ਕਰਨ ਦੀ ਪੂਰੀ ਸਮਰਥਾ ਰੱਖਦਾ ਹੈ? ਅੱਲਾਹ ਨੇ ਹੀ ਉਹਨਾਂ ਲਈ ਇਕ ਅਜਿਹਾ ਸਮਾਂ ਨਿਯਤ ਕੀਤਾ ਹੈ ਜਿਸ ਵਿਚ ਕਿਸੇ ਪ੍ਰਕਾਰ ਦਾ ਕੋਈ ਸ਼ੱਕ ਨਹੀਂ, ਪਰ ਜ਼ਾਲਮ ਲੋਕ ਇਨਕਾਰ ਕਰੇ ਬਿਨਾਂ ਰਹਿ ਹੀ ਨਹੀਂ ਸਕਦੇ।

أَوَلَمْ يَرَوْا أَنَّ ٱللَّهَ ٱلَّذِى خَلَقَ ٱلسَّمَٰوَٰتِ وَٱلْأَرْضَ
قَادِرٌ عَلَىٰٓ أَن يَخْلُقَ مِثْلَهُمْ وَجَعَلَ لَهُمْ أَجَلًا
لَّا رَيْبَ فِيهِ فَأَبَى ٱلظَّٰلِمُونَ إِلَّا كُفُورًا ٩٩

100. (ਹੇ ਨਬੀ!) ਆਖ ਦਿਓ ਕਿ ਜੇ ਕੀਤੇ ਮੇਰੇ ਰੱਬ ਦੀਆਂ ਮਿਹਰਾਂ ਦੇ ਭੰਡਾਰ ਤੁਹਾਡੇ ਕਬਜ਼ੇ ਵਿਚ ਹੁੰਦੇ ਤਾਂ ਤੁਸੀਂ ਵੀ ਉਸ ਨੂੰ ਖ਼ਰਚ ਹੋ ਜਾਣ ਦੇ ਡਰ ਤੋਂ ਰੋਕੀ ਰੱਖਦੇ। ਵਾਸਤਵ ਵਿਚ ਮਨੁੱਖ ਬਹੁਤ ਹੀ ਤੰਗ ਦਿਲਾ ਹੈ।

قُل لَّوْ أَنتُمْ تَمْلِكُونَ خَزَآئِنَ رَحْمَةِ رَبِّىٓ إِذًا
لَّأَمْسَكْتُمْ خَشْيَةَ ٱلْإِنفَاقِ ۚ وَكَانَ ٱلْإِنسَٰنُ قَتُورًا ١٠٠

101. ਅਸੀਂ ਮੂਸਾ ਨੂੰ ਨੌਂ ਸਪਸ਼ਟ ਮੋਅਜਜ਼ੇ (ਰੱਬੀ ਚਮਤਕਾਰ) ਬਖ਼ਸ਼ੇ, ਤੁਸੀਂ ਆਪ ਵੀ (ਹੇ ਨਬੀ!) ਬਨੀ-ਇਸਰਾਈਲ ਤੋਂ ਪੁੱਛ ਲਵੋ ਕਿ ਜਦੋਂ ਉਹ (ਮੂਸਾ) ਉਹਨਾਂ ਕੋਲ ਆਇਆ ਤਾਂ ਫ਼ਿਰਔਨ ਨੇ

وَلَقَدْ ءَاتَيْنَا مُوسَىٰ تِسْعَ ءَايَٰتٍۭ بَيِّنَٰتٍ ۖ فَسْـَٔلْ بَنِىٓ
إِسْرَٰٓءِيلَ إِذْ جَآءَهُمْ فَقَالَ لَهُۥ فِرْعَوْنُ إِنِّى
لَأَظُنُّكَ يَٰمُوسَىٰ مَسْحُورًا ١٠١

---

[1] ਹਜ਼ਰਤ ਅਨਸ ਦਾ ਕਹਿਣਾ ਹੈ ਕਿ ਇਕ ਵਿਅਕਤੀ ਨੇ ਪੁੱਛਿਆ ਕਿ ਹੇ ਅੱਲਾਹ ਦੇ ਨਬੀ ਸ:! ਕੀ ਕਿਆਮਤ ਵਾਲੇ ਦਿਨ ਕਾਫ਼ਿਰ ਨੂੰ ਉਸ ਦੇ ਮੂੰਹ ਦੇ ਬਲ ਭਾਵ ਉਲਟਾ ਕਰਕੇ ਚਲਾਇਆ ਜਾਵੇਗਾ? ਨਬੀ (ਸ:) ਨੇ ਫ਼ਰਮਾਇਆ, ਜਿਸ ਹਸਤੀ ਨੇ ਸੰਸਾਰ ਵਿਚ ਇਸ ਨੂੰ ਦੋ ਪੈਰਾਂ ਨਾਲ ਤੋਰਿਆ ਹੈ ਕੀ ਉਹ ਕਿਆਮਤ ਵਾਲੇ ਦਿਨ ਉਸ ਨੂੰ ਮੂੰਹ ਦੇ ਬਲ ਤੋਰਨ ਦੀ ਕੁਦਰਤ ਨਹੀਂ ਰੱਖਦਾ? ਕਤਾਦਾਹ ਰਜ਼ਿ: ਨੇ ਫ਼ਰਮਾਇਆ "ਸਾਡੇ ਰੱਬ ਦੀ ਇੱਜ਼ਤ ਤੇ ਜਲਾਲ ਦੀ ਸੌਂਹ ਕਿਉਂ ਨਹੀਂ? (ਸਹੀ ਬੁਖ਼ਾਰੀ, ਹਦੀਸ: 4760)

ਉਸ ਨੂੰ ਕਿਹਾ ਕਿ ਹੇ ਮੂਸਾ! ਮੈਂ ਸਮਝਦਾ ਹਾਂ ਕਿ ਤੂੰ ਜ਼ਰੂਰ ਇਕ ਜਾਦੂ ਦਾ ਮਾਰਿਆ ਆਦਮੀ ਹੈ।

102. (ਮੂਸਾ) ਨੇ ਕਿਹਾ ਕਿ ਤੂੰ ਭਲੀਭਾਂਤ ਜਾਣ ਚੁੱਕਿਆ ਹੈ ਕਿ ਇਹ ਸਾਰੀਆਂ ਨਿਸ਼ਾਨੀਆਂ ਅਕਾਸ਼ਾਂ ਤੇ ਧਰਤੀ ਦੇ ਰੱਬ ਨੇ ਹੀ ਵੇਖਣ ਤੇ ਸਮਝਣ ਦੇ ਮੰਤਵ ਲਈ ਨਾਜ਼ਿਲ ਕੀਤੀਆਂ ਹਨ ਅਤੇ ਹੇ ਫ਼ਿਰਔਨ! ਮੈਂ ਤੈਨੂੰ ਇਕ ਸ਼ਾਮਤ ਦਾ ਮਾਰਿਆ ਵਿਅਕਤੀ ਸਮਝਦਾ ਹਾਂ।

قَالَ لَقَدْ عَلِمْتَ مَا أَنزَلَ هَٰؤُلَاءِ إِلَّا رَبُّ السَّمَاوَاتِ وَالْأَرْضِ بَصَائِرَ وَإِنِّي لَأَظُنُّكَ يَا فِرْعَوْنُ مَثْبُورًا ﴿١٠٢﴾

103. ਅੰਤ ਫ਼ਿਰਔਨ ਨੇ ਪੱਕਾ ਵਿਚਾਰ ਬਣਾ ਲਿਆ ਕਿ ਉਹਨਾਂ (ਮੂਸਾ ਤੇ ਬਨੀ ਇਸਰਾਈਲ) ਨੂੰ ਧਰਤੀਓਂ ਉਖਾੜ ਸੁੱਟੇ। ਅਸੀਂ ਉਸ (ਫ਼ਿਰਔਨ) ਨੂੰ ਅਤੇ ਉਸ ਦੇ ਸਾਥੀਆਂ ਨੂੰ (ਸਮੁੰਦਰ ਵਿਚ) ਡੋਬ ਦਿੱਤਾ।

فَأَرَادَ أَن يَسْتَفِزَّهُم مِّنَ الْأَرْضِ فَأَغْرَقْنَاهُ وَمَن مَّعَهُ جَمِيعًا ﴿١٠٣﴾

104. (ਇਸ ਤੋਂ ਮਗਰੋਂ) ਅਸੀਂ ਬਨੀ ਇਸਰਾਈਲ ਨੂੰ ਕਿਹਾ ਕਿ ਇਸ ਧਰਤੀ 'ਤੇ ਰਸੋ-ਵਸੋ, ਹਾਂ! ਜਦੋਂ ਆਖ਼ਿਰਤ ਦੇ ਵਾਅਦੇ ਦਾ ਸਮਾਂ ਆਵੇਗਾ ਤਾਂ ਅਸੀਂ ਤੁਹਾਨੂੰ ਸਭ ਨੂੰ ਇਕੱਠਾ ਕਰਕੇ ਲਿਆਵਾਂਗੇ।

وَقُلْنَا مِن بَعْدِهِ لِبَنِي إِسْرَائِيلَ اسْكُنُوا الْأَرْضَ فَإِذَا جَاءَ وَعْدُ الْآخِرَةِ جِئْنَا بِكُمْ لَفِيفًا ﴿١٠٤﴾

105. ਅਸੀਂ ਇਸ (ਕੁਰਆਨ) ਨੂੰ ਹੱਕ ਸੱਚ ਨਾਲ ਉਤਾਰਿਆ ਹੈ ਅਤੇ ਹੱਕ ਸੱਚ ਨਾਲ ਹੀ ਆਇਆ ਹੈ। (ਹੇ ਨਬੀ!) ਅਸੀਂ ਤੁਹਾਨੂੰ (ਜੰਨਤ ਦੀਆਂ) ਖ਼ੁਸ਼ਖ਼ਬਰੀਆਂ ਸੁਣਾਉਣ ਵਾਲਾ ਅਤੇ (ਰੱਬ ਦੇ ਅਜ਼ਾਬ ਤੋਂ) ਡਰਾਉਣ ਵਾਲਾ (ਰਸੂਲ) ਬਣਾ ਕੇ ਭੇਜਿਆ ਹੈ।

وَبِالْحَقِّ أَنزَلْنَاهُ وَبِالْحَقِّ نَزَلَ وَمَا أَرْسَلْنَاكَ إِلَّا مُبَشِّرًا وَنَذِيرًا ﴿١٠٥﴾

106. ਅਸੀਂ ਕੁਰਆਨ ਨੂੰ ਥੋੜ੍ਹਾ-ਥੋੜ੍ਹਾ ਕਰਕੇ ਇਸ ਲਈ ਨਾਜ਼ਿਲ ਕੀਤਾ ਹੈ ਤਾਂ ਜੋ ਤੁਸੀਂ ਇਸ ਨੂੰ ਠਹਿਰ-ਠਹਿਰ ਕੇ (ਲੋੜ ਅਨੁਸਾਰ) ਲੋਕਾਂ ਨੂੰ ਸੁਣਾ ਸਕੋਂ ਅਤੇ ਅਸਾਂ ਇਸ ਨੂੰ ਲੜੀਵਾਰ ਉਤਾਰਿਆ ਹੈ।

وَقُرْآنًا فَرَقْنَاهُ لِتَقْرَأَهُ عَلَى النَّاسِ عَلَىٰ مُكْثٍ وَنَزَّلْنَاهُ تَنزِيلًا ﴿١٠٦﴾

---

1 ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 86/3 ਅਤੇ ਸੂਰਤ ਅਨ-ਨਿਸਾ, ਹਾਸ਼ੀਆ ਆਇਤ 80/4

قُلْ آمِنُوا بِهِ أَوْ لَا تُؤْمِنُوا ۚ إِنَّ الَّذِينَ أُوتُوا
الْعِلْمَ مِنْ قَبْلِهِ إِذَا يُتْلَىٰ عَلَيْهِمْ
يَخِرُّونَ لِلْأَذْقَانِ سُجَّدًا ﴿١٠٧﴾

107. ਆਖ ਦਿਓ ਕਿ ਤੁਸੀਂ ਇਸ 'ਤੇ ਈਮਾਨ ਲਿਆਓ ਜਾਂ ਨਾ ਲਿਆਓ, ਪਰ ਜਿਨ੍ਹਾਂ ਨੂੰ ਇਸ ਤੋਂ ਪਹਿਲਾਂ (ਰੱਬੀ ਕਿਤਾਬਾਂ ਦਾ) ਗਿਆਨ ਦਿੱਤਾ ਗਿਆ ਸੀ, ਉਹਨਾਂ ਕੋਲ ਜਦੋਂ ਵੀ ਇਸ ਨੂੰ ਪੜ੍ਹਿਆ ਜਾਂਦਾ ਹੈ ਤਾਂ ਉਹ ਮੂੰਹ ਦੇ ਭਾਰ ਸਿਜਦੇ ਵਿਚ ਡਿਗ ਪੈਂਦੇ ਹਨ।

وَيَقُولُونَ سُبْحَانَ رَبِّنَا إِنْ كَانَ وَعْدُ رَبِّنَا
لَمَفْعُولًا ﴿١٠٨﴾

108. ਅਤੇ ਆਖਦੇ ਹਨ ਕਿ ਸਾਡਾ ਪਾਲਣਹਾਰ (ਹਰ ਐਬ ਤੋਂ) ਪਾਕ ਹੈ ਅਤੇ ਸਾਡੇ ਰੱਬ ਦਾ ਵਾਅਦਾ ਨਿਰਸੰਦੇਹ, ਪੂਰਾ ਹੋਕੇ ਰਹੇਗਾ।

وَيَخِرُّونَ لِلْأَذْقَانِ يَبْكُونَ وَيَزِيدُهُمْ
خُشُوعًا ۩ ﴿١٠٩﴾

109. ਉਹ ਵਿਲਕਦੇ ਹੋਏ ਮੂੰਹ ਦੇ ਭਾਰ ਸਿਜਦੇ ਵਿਚ ਡਿਗ ਪੈਂਦੇ ਹਨ ਅਤੇ ਇਹ (ਕੁਰਆਨ) ਉਹਨਾਂ ਦੀ ਨਿਮਰਤਾ ਤੇ ਡਰ ਵਿਚ ਹੋਰ ਵੀ ਵਾਧਾ ਕਰਦਾ ਹੈ।

قُلِ ادْعُوا اللَّهَ أَوِ ادْعُوا الرَّحْمَٰنَ ۖ أَيًّا مَا تَدْعُوا
فَلَهُ الْأَسْمَاءُ الْحُسْنَىٰ ۚ وَلَا تَجْهَرْ بِصَلَاتِكَ
وَلَا تُخَافِتْ بِهَا وَابْتَغِ بَيْنَ ذَٰلِكَ سَبِيلًا ﴿١١٠﴾

110. (ਹੇ ਨਬੀ!) ਆਖ ਦਿਓ ਕਿ ਤੁਸੀਂ ਅੱਲਾਹ ਨੂੰ ਅੱਲਾਹ ਕਹਿ ਕੇ ਸੱਦੋ ਜਾਂ ਰਹਿਮਾਨ ਆਖੋ, ਤੁਸੀਂ ਜਿਸ ਨਾਂ ਨਾਲ ਵੀ ਉਸ ਨੂੰ ਸੱਦੋ ਸਾਰੇ ਹੀ ਸੋਹਣੇ ਨਾਂ ਉਸੇ ਲਈ ਹਨ। ਆਪਣੀ ਨਮਾਜ਼ ਨਾ ਤਾਂ ਬਹੁਤੀ ਉੱਚੀ ਆਵਾਜ਼ ਨਾਲ ਪੜ੍ਹੋ ਤੇ ਨਾ ਹੀ ਬਹੁਤੀ ਹੌਲੀ ਆਵਾਜ਼ ਨਾਲ ਪੜ੍ਹੋ ਸਗੋਂ ਦੋਹਾਂ ਦੇ ਵਿਚਕਾਰਲੀ ਰਾਹ ਅਪਣਾਓ।

وَقُلِ الْحَمْدُ لِلَّهِ الَّذِي لَمْ يَتَّخِذْ وَلَدًا وَلَمْ
يَكُنْ لَهُ شَرِيكٌ فِي الْمُلْكِ وَلَمْ يَكُنْ لَهُ وَلِيٌّ
مِنَ الذُّلِّ ۖ وَكَبِّرْهُ تَكْبِيرًا ﴿١١١﴾

111. ਅਤੇ ਇਹ ਵੀ ਆਖੋ, ਕਿ ਸਾਰੀਆਂ ਤਾਰੀਫ਼ਾਂ ਤੇ ਸ਼ੁਕਰਾਨੇ ਉਸ ਅੱਲਾਹ ਲਈ ਹਨ ਜਿਸ ਨੇ (ਆਪਣੇ ਲਈ) ਕੋਈ ਔਲਾਦ ਨਹੀਂ ਬਣਾਈ ਅਤੇ ਨਾ ਹੀ ਰਾਜ ਸੱਤਾ ਵਿਚ ਉਸ ਦਾ ਕੋਈ ਸਾਂਝੀ ਹੈ। ਨਾ ਹੀ ਉਹ ਨਿਰਬਲ ਤੇ ਬੇਵਸ ਹੈ ਕਿ ਉਸ ਨੂੰ ਕਿਸੇ ਸਹਾਇਕ ਦੀ ਲੋੜ ਹੈ। ਤੁਸੀਂ ਉਸੇ ਅੱਲਾਹ ਦੀ ਵਡਿਆਈ, ਉਹ ਵੀ ਉੱਚ ਕੋਟੀ ਦੀ ਵਡਿਆਈ, ਬਿਆਨ ਕਰੋ।

18. ਸੂਰਤ ਅਲ-ਕਹਫ਼ (ਮੱਕੀ-69)

(ਆਇਤਾਂ 110, ਰੁਕੂਅ 12)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

1. ਹਰ ਪ੍ਰਕਾਰ ਦੀਆਂ ਤਾਰੀਫ਼ਾਂ (ਤੇ ਸ਼ੁਕਰਾਨੇ) ਉਸ ਅੱਲਾਹ ਨੂੰ ਹੀ ਸ਼ੋਭਾ ਦਿੰਦੇ ਹਨ ਜਿਸ ਨੇ ਆਪਣੇ ਬੰਦੇ (ਮੁਹੰਮਦ ਸ.) 'ਤੇ ਕਿਤਾਬ (ਕੁਰਆਨ) ਉਤਾਰੀ ਅਤੇ ਜਿਸ ਵਿਚ ਕੋਈ ਵੀ ਵਿੰਗ ਵੱਲ ਨਹੀਂ

2. ਸਗੋਂ ਠੀਕ ਤੇ ਸਿੱਧੀਆਂ ਗੱਲਾਂ ਆਖਣ ਵਾਲੀ ਕਿਤਾਬ ਉਤਾਰੀ ਤਾਂ ਜੋ ਉਹ (ਲੋਕਾਂ ਨੂੰ) ਉਸ (ਅੱਲਾਹ) ਵੱਲੋਂ ਕਰੜੇ ਅਜ਼ਾਬ ਤੋਂ ਖ਼ਬਰਦਾਰ ਕਰੇ ਅਤੇ ਨੇਕ ਕੰਮ ਕਰਨ ਵਾਲੇ ਈਮਾਨ ਵਾਲਿਆਂ ਨੂੰ (ਜੰਨਤ ਦੀਆਂ) ਖ਼ੁਸ਼ਖ਼ਬਰੀਆਂ ਸੁਣਾਵੇ ਕਿ ਬੇਸ਼ੱਕ ਉਹਨਾਂ ਲਈ ਬਹੁਤ ਹੀ ਚੰਗਾ ਬਦਲਾ ਹੈ।

3. ਜਿਸ (ਸਵਰਗ ਵਿਚ) ਉਹ ਸਦਾ ਰਹਿਣਗੇ।

4. ਅਤੇ ਉਹਨਾਂ ਲੋਕਾਂ ਨੂੰ ਵੀ ਡਰਾਏ ਜਿਹੜੇ ਆਖਦੇ ਹਨ ਕਿ ਅੱਲਾਹ ਔਲਾਦ ਰੱਖਦਾ ਹੈ।

5. (ਅਸਲ ਵਿਚ) ਨਾ ਤਾਂ ਇਹਨਾਂ ਨੂੰ ਇਸ ਦਾ ਕੋਈ ਗਿਆਨ ਹੈ ਅਤੇ ਨਾ ਹੀ ਉਹਨਾਂ ਦੇ ਪਿਓ ਦਾਦਿਆਂ ਨੂੰ ਸੀ। ਬਹੁਤ ਹੀ ਭੈੜੀ ਗੱਲ ਹੈ ਜਿਹੜੀ ਉਹਨਾਂ ਦੇ ਮੂੰਹੋਂ ਨਿਕਲ ਰਹੀ ਹੈ। ਉਹ ਤਾਂ ਨਿਰਾ ਹੀ ਝੂਠ ਬਕ ਰਹੇ ਹਨ (ਕਿ ਅੱਲਾਹ ਦੇ ਔਲਾਦ ਹੈ)।

6. (ਹੇ ਨਬੀ!) ਜੇ ਇਹ ਕਾਫ਼ਿਰ ਇਸ ਕੁਰਆਨ ਤੇ ਈਮਾਨ ਨਹੀਂ ਲਿਆਂਦੇ ਤਾਂ ਹੋ ਸਕਦਾ ਹੈ ਕਿ

سُورَةُ الْكَهْفِ

بِسْمِ اللّٰهِ الرَّحْمٰنِ الرَّحِيْمِ

اَلْحَمْدُ لِلّٰهِ الَّذِيْٓ اَنْزَلَ عَلٰى عَبْدِهِ الْكِتٰبَ
وَلَمْ يَجْعَلْ لَّهٗ عِوَجًا ۜ

قَيِّمًا لِّيُنْذِرَ بَاْسًا شَدِيْدًا مِّنْ لَّدُنْهُ وَيُبَشِّرَ
الْمُؤْمِنِيْنَ الَّذِيْنَ يَعْمَلُوْنَ الصّٰلِحٰتِ اَنَّ لَهُمْ
اَجْرًا حَسَنًا ۙ

مَّاكِثِيْنَ فِيْهِ اَبَدًا ۙ

وَّيُنْذِرَ الَّذِيْنَ قَالُوا اتَّخَذَ اللّٰهُ وَلَدًا ﴿٤﴾

مَا لَهُمْ بِهٖ مِنْ عِلْمٍ وَّلَا لِاٰبَآئِهِمْ ؕ كَبُرَتْ كَلِمَةً
تَخْرُجُ مِنْ اَفْوَاهِهِمْ ؕ اِنْ يَّقُوْلُوْنَ اِلَّا كَذِبًا ﴿٥﴾

فَلَعَلَّكَ بَاخِعٌ نَّفْسَكَ عَلٰٓى اٰثَارِهِمْ اِنْ لَّمْ
يُؤْمِنُوْا بِهٰذَا الْحَدِيْثِ اَسَفًا ﴿٦﴾

ਤੁਸੀਂ ਇਹਨਾਂ ਦੀ ਚਿੰਤਾ ਵਿਚ ਆਪਣੀ ਜਾਨ ਨੂੰ ਹੀ ਹਲਾਕ ਕਰ ਬੈਠੋ।

إِنَّا جَعَلْنَا مَا عَلَى الْأَرْضِ زِينَةً لَّهَا لِنَبْلُوَهُمْ أَيُّهُمْ أَحْسَنُ عَمَلًا ﴿٧﴾

7. ਇਸ ਧਰਤੀ ਤੇ ਜੋ ਕੁੱਝ ਵੀ ਹੈ ਉਸ ਨੂੰ ਅਸੀਂ ਧਰਤੀ ਦੀ ਸਜਾਵਟ ਬਣਾਇਆ ਹੈ ਤਾਂ ਜੋ ਅਸੀਂ ਇਹਨਾਂ ਲੋਕਾਂ ਨੂੰ ਪਰਖੀਏ ਕਿ ਇਹਨਾਂ ਵਿੱਚੋਂ ਕੌਣ ਨੇਕ ਅਮਲ ਕਰਨ ਵਾਲਾ ਹੈ।

وَإِنَّا لَجَاعِلُونَ مَا عَلَيْهَا صَعِيدًا جُرُزًا ﴿٨﴾

8. (ਇਕ ਸਮਾਂ ਉਹ ਵੀ ਆਵੇਗਾ) ਕਿ ਇਸ (ਧਰਤੀ) 'ਤੇ ਜੋ ਕੁੱਝ ਵੀ ਹੈ ਅਸੀਂ ਉਸ ਨੂੰ ਇਕ ਰੜਾ ਮੈਦਾਨ ਬਣਾ ਦੇਣ ਵਾਲੇ ਹਾਂ।

أَمْ حَسِبْتَ أَنَّ أَصْحَابَ الْكَهْفِ وَالرَّقِيمِ كَانُوا مِنْ آيَاتِنَا عَجَبًا ﴿٩﴾

9. (ਹੇ ਲੋਕੋ) ਕੀ ਤੁਸੀਂ ਗ਼ਾਰ (ਗੁਫ਼ਾ) ਵਾਲੇ ਤੇ ਕਤਬੇ (ਸ਼ਿਲਾਲੇਖ) ਵਾਲਿਆਂ ਨੂੰ ਸਾਡੀਆਂ ਨਿਸ਼ਾਨੀਆਂ ਵਿੱਚੋਂ ਕੋਈ ਅਜੀਬ (ਅਣਹੋਣੀ) ਨਿਸ਼ਾਨੀ ਸਮਝਦੇ ਹੋ?

إِذْ أَوَى الْفِتْيَةُ إِلَى الْكَهْفِ فَقَالُوا رَبَّنَا آتِنَا مِن لَّدُنكَ رَحْمَةً وَهَيِّئْ لَنَا مِنْ أَمْرِنَا رَشَدًا ﴿١٠﴾

10. ਜਦੋਂ ਉਹਨਾਂ ਨੌਜਵਾਨਾਂ ਨੇ (ਆਪਣੇ ਈਮਾਨ ਨੂੰ ਕਾਫ਼ਿਰ ਬਾਦਸ਼ਾਹ ਤੋਂ ਮਹਿਫ਼ੂਜ਼ ਰੱਖਣ ਲਈ) ਗੁਫ਼ਾ ਵਿਚ ਜਾ ਕੇ ਸ਼ਰਨ ਲਈ ਤਾਂ ਉਹਨਾਂ ਨੇ ਦੁਆ ਕੀਤੀ ਸੀ ਕਿ ਹੇ ਸਾਡੇ ਮਾਲਿਕ! ਆਪਣੇ ਵੱਲੋਂ ਸਾਨੂੰ ਮਿਹਰਾਂ ਨਾਲ ਨਿਵਾਜ਼ ਦੇ ਅਤੇ ਸਾਡੇ ਮਾਮਲੇ ਵਿਚ ਸਾਡੀ ਅਗਵਾਈ ਕਰ।

فَضَرَبْنَا عَلَىٰ آذَانِهِمْ فِي الْكَهْفِ سِنِينَ عَدَدًا ﴿١١﴾

11. ਫੇਰ ਅਸੀਂ ਉਸੇ ਗੁਫ਼ਾ ਵਿਚ ਕਈ ਸਾਲਾਂ ਲਈ ਉਹਨਾਂ ਦੇ ਕੰਨਾਂ 'ਤੇ ਪੜਦਾ ਪਾ ਛੱਡਿਆ (ਕਿ ਉਹ ਕੁੱਝ ਨਾ ਸੁਣ ਸਕਣ ਤੇ ਸੁੱਤੇ ਰਹਿਣ)।

ثُمَّ بَعَثْنَاهُمْ لِنَعْلَمَ أَيُّ الْحِزْبَيْنِ أَحْصَىٰ لِمَا لَبِثُوا أَمَدًا ﴿١٢﴾

12. ਫੇਰ ਅਸੀਂ ਉਹਨਾਂ (ਨੌਜਵਾਨਾਂ) ਨੂੰ (ਨੀਂਦ ਤੋਂ) ਉਠਾਇਆ ਤਾਂ ਜੋ ਅਸੀਂ ਇਹ ਪਤਾ ਕਰੀਏ ਕਿ ਦੋਵਾਂ ਧਿਰਾਂ 'ਚੋਂ ਕਿਸ ਨੇ ਆਪਣੀ ਠਹਿਰਨ ਦੀ ਮੁੱਦਤ ਨੂੰ ਯਾਦ ਰੱਖਿਆ ਹੈ।

13. (ਹੇ ਨਬੀ!) ਅਸੀਂ ਉਹਨਾਂ (ਗੁਫ਼ਾ ਵਾਲਿਆਂ) ਦਾ ਅਸਲ ਕਿੱਸਾ ਤੁਹਾਨੂੰ ਸੁਣਾਉਂਦੇ ਹਾਂ। ਉਹ ਕੁੱਝ ਨੌਜਵਾਨ ਸਨ ਜਿਹੜੇ ਆਪਣੇ ਰੱਬ 'ਤੇ ਈਮਾਨ ਲਿਆਏ ਸੀ ਅਤੇ ਅਸੀਂ ਉਹਨਾਂ ਨੂੰ ਹਿਦਾਇਤ ਵਿਚ ਉੱਨਤੀ ਬਖ਼ਸ਼ ਸੀ।

نَحْنُ نَقُصُّ عَلَيْكَ نَبَاَهُمْ بِالْحَقِّ ؕ اِنَّهُمْ فِتْيَةٌ
اٰمَنُوْا بِرَبِّهِمْ وَزِدْنٰهُمْ هُدًى ﴿۱۳﴾

14. ਅਸੀਂ ਉਹਨਾਂ ਦੇ ਦਿਲਾਂ ਨੂੰ ਦ੍ਰਿੜਤਾ ਬਖ਼ਸ਼ੀ ਜਦੋਂ ਉਹ (ਬਾਦਸ਼ਾਹ ਦੇ ਦਰਬਾਰ ਵਿਚੋਂ) ਇਹ ਕਹਿੰਦੇ ਹੋਏ ਉੱਠ ਖੜੇ ਹੋਏ ਕਿ ਸਾਡਾ ਮਾਲਿਕ ਤਾਂ ਉਹੀਓ ਹੈ ਜਿਹੜਾ ਅਕਾਸ਼ ਤੇ ਧਰਤੀ ਦਾ ਮਾਲਿਕ ਹੈ, ਇਹ ਨਹੀਂ ਹੋ ਸਕਦਾ ਕਿ ਅਸੀਂ ਉਸ ਨੂੰ ਛੱਡ ਕੇ ਕਿਸੇ ਹੋਰ ਨੂੰ ਇਸ਼ਟ ਕਹਿਏ? ਜੇਕਰ ਅਸੀਂ ਅਜਿਹਾ ਕੁੱਝ ਕਿਹਾ ਤਾਂ ਅਸੀਂ ਬਹੁਤ ਹੀ ਜ਼ੁਲਮ ਤੇ ਵਧੀਕੀ ਵਾਲੀ ਗੱਲ ਕਹੀ।

وَّرَبَطْنَا عَلٰى قُلُوْبِهِمْ اِذْ قَامُوْا فَقَالُوْا رَبُّنَا
رَبُّ السَّمٰوٰتِ وَالْاَرْضِ لَنْ نَّدْعُوَاۡ مِنْ دُوْنِهٖۤ
اِلٰهًا لَّقَدْ قُلْنَاۤ اِذًا شَطَطًا ﴿۱۴﴾

15. ਇਹ ਹੈ ਸਾਡੀ ਕੌਮ ਜਿਸ ਨੇ ਉਸ (ਅੱਲਾਹ) ਨੂੰ ਛੱਡ ਕੇ ਹੋਰ ਇਸ਼ਟ ਬਣਾ ਰੱਖੇ ਹਨ। ਇਹਨਾਂ ਦੇ ਇਸ਼ਟ ਹੋਣ ਦੀ ਇਹ ਠੋਸ ਕੋਈ ਪੱਕੀ ਦਲੀਲ ਕਿਉਂ ਨਹੀਂ ਲਿਆਉਂਦੇ? ਅੱਲਾਹ 'ਤੇ ਝੂਠ ਜੋੜਣ ਵਾਲਿਆਂ ਤੋਂ ਵੱਧ ਜ਼ਾਲਮ ਹੋਰ ਕੌਣ ਹੋਵੇਗਾ।

هٰۤؤُلَآءِ قَوْمُنَا اتَّخَذُوْا مِنْ دُوْنِهٖۤ اٰلِهَةً ؕ لَوْلَا
يَاْتُوْنَ عَلَيْهِمْ بِسُلْطٰنٍۭ بَيِّنٍ ؕ فَمَنْ اَظْلَمُ
مِمَّنِ افْتَرٰى عَلَى اللّٰهِ كَذِبًا ﴿۱۵﴾

16. (ਉਹਨਾਂ ਨੌਜਵਾਨਾਂ ਵਿੱਚੋਂ ਹੀ ਇਕ ਨੇ ਕਿਹਾ ਕਿ) ਜਦੋਂ ਤੁਸੀਂ ਉਹਨਾਂ ਤੋਂ ਅਤੇ ਅੱਲਾਹ ਤੋਂ ਛੁੱਟ ਉਹਨਾਂ ਦੇ ਦੂਜੇ ਇਸ਼ਟਾਂ ਤੋਂ ਲਾਂਭੇ ਹੋ ਚੁੱਕੇ ਹੋ ਤਾਂ ਕਿਸੇ ਗੁਫ਼ਾ ਵਿਚ ਜਾ ਬੈਠੋ, ਤੁਹਾਡਾ ਰੱਬ ਤੁਹਾਡੇ 'ਤੇ ਆਪਣੀਆਂ ਮਿਹਰਾਂ ਦੀ ਛਾਂ ਕਰ ਦੇਵੇਗਾ ਅਤੇ ਤੁਹਾਡੇ ਕੰਮਾਂ ਵਿਚ ਆਸਾਨੀਆਂ ਪੈਦਾ ਕਰ ਦੇਵੇ ਗਾ।

وَاِذِ اعْتَزَلْتُمُوْهُمْ وَمَا يَعْبُدُوْنَ اِلَّا اللّٰهَ
فَاْوٗۤا اِلَى الْكَهْفِ يَنْشُرْ لَكُمْ رَبُّكُمْ مِّنْ
رَّحْمَتِهٖ وَيُهَيِّئْ لَكُمْ مِّنْ اَمْرِكُمْ مِّرْفَقًا ﴿۱۶﴾

17. ਤੁਸੀਂ ਵੇਖਦੇ ਕਿ ਜਦੋਂ ਸੂਰਜ ਚੜ੍ਹਦਾ ਤਾਂ ਉਹਨਾਂ ਦੀ ਗੁਫ਼ਾ ਦੇ ਸੱਜੇ ਪਾਸੇ ਝੁਕ ਜਾਂਦਾ ਅਤੇ ਛੁਪਣ ਦੇ ਸਮੇਂ ਉਹਨਾਂ ਦੇ ਖੱਬੇ ਪਾਸਿਓਂ ਕਤਰ ਕੇ ਨਿਕਲ ਜਾਂਦਾ ਅਤੇ ਉਹ (ਨੌਜਵਾਨ) ਉਸ ਗੁਫ਼ਾ ਦੀ ਖੁੱਲ੍ਹੀ ਥਾਂ ਤੇ ਸੁੱਤੇ ਪਏ ਹਨ। ਇਹ ਅੱਲਾਹ ਦੀਆਂ ਨਿਸ਼ਾਨੀਆਂ ਵਿੱਚੋਂ ਇਕ ਨਿਸ਼ਾਨੀ ਹੈ।

وَتَرَى الشَّمْسَ اِذَا طَلَعَتْ تَّزٰوَرُ عَنْ كَهْفِهِمْ
ذَاتَ الْيَمِيْنِ وَاِذَا غَرَبَتْ تَّقْرِضُهُمْ ذَاتَ
الشِّمَالِ وَهُمْ فِيْ فَجْوَةٍ مِّنْهُ ؕ ذٰلِكَ مِنْ اٰيٰتِ
اللّٰهِ ؕ مَنْ يَّهْدِ اللّٰهُ فَهُوَ الْمُهْتَدِ ۚ وَمَنْ يُّضْلِلْ
فَلَنْ تَجِدَ لَهٗ وَلِيًّا مُّرْشِدًا ﴿۱۷﴾

ਅੱਲਾਹ ਜਿਸ ਨੂੰ ਰਾਹ ਵਿਖਾਵੇ ਉਹੀਓ ਸਿੱਧੀ ਰਾਹ ਪੈਂਦਾ ਹੈ। ਜਿਸ ਨੂੰ ਉਹ ਕੁਰਾਹੇ ਪਾ ਦੇਵੇ ਉਸ ਲਈ ਤੁਸੀਂ ਕੋਈ ਹਿਮਾਇਤੀ ਤੇ ਰਾਹ ਦੱਸਣ ਵਾਲਾ ਨਹੀਂ ਲੱਭ ਸਕਦੇ।

وَتَحْسَبُهُمْ أَيْقَاظًا وَهُمْ رُقُودٌ ۚ وَنُقَلِّبُهُمْ
ذَاتَ الْيَمِينِ وَذَاتَ الشِّمَالِ ۖ وَكَلْبُهُم
بَاسِطٌ ذِرَاعَيْهِ بِالْوَصِيدِ ۚ لَوِ اطَّلَعْتَ عَلَيْهِمْ
لَوَلَّيْتَ مِنْهُمْ فِرَارًا وَلَمُلِئْتَ مِنْهُمْ رُعْبًا ١٨

18. ਤੁਸੀਂ ਸਮਝਦੇ ਹੋ ਕਿ ਉਹ ਜਾਗ ਰਹੇ ਹਨ ਜਦ ਕਿ ਉਹ ਤਾਂ ਸੁੱਤੇ ਪਏ ਹਨ। ਅਸੀਂ (ਅੱਲਾਹ) ਆਪ ਹੀ ਉਹਨਾਂ ਨੂੰ ਸੱਜੇ ਖੱਬੇ ਪਾਸੇ ਦੁਆਉਂਦੇ ਹਾਂ ਅਤੇ ਉਹਨਾਂ ਦਾ ਕੁੱਤਾ ਵੀ (ਗੁਫ਼ਾ ਦੀ) ਚੌਖਟ 'ਤੇ ਆਪਣੇ ਪੈਰ ਫੈਲਾਈ ਬੈਠਾ ਹੋਇਆ ਹੈ। ਜੇਕਰ ਤੁਸੀਂ ਝਾਤੀ ਮਾਰ ਕੇ ਉਹਨਾਂ ਨੂੰ ਵੇਖ ਲੈਂਦੇ ਤਾਂ (ਡਰਦੇ ਹੋਏ) ਪਿਛਲੇ ਪੈਰੀਂ ਨੱਸ ਜਾਂਦੇ ਅਤੇ ਉਹਨਾਂ ਨੂੰ ਵੇਖ ਕੇ ਦਹਿਸ਼ਤ ਬੈਠ ਜਾਂਦੀ।

وَكَذَٰلِكَ بَعَثْنَاهُمْ لِيَتَسَاءَلُوا بَيْنَهُمْ ۚ قَالَ قَائِلٌ
مِّنْهُمْ كَمْ لَبِثْتُمْ ۖ قَالُوا لَبِثْنَا يَوْمًا أَوْ بَعْضَ يَوْمٍ ۚ
قَالُوا رَبُّكُمْ أَعْلَمُ بِمَا لَبِثْتُمْ فَابْعَثُوا أَحَدَكُم
بِوَرِقِكُمْ هَٰذِهِ إِلَى الْمَدِينَةِ فَلْيَنظُرْ أَيُّهَا أَزْكَىٰ
طَعَامًا فَلْيَأْتِكُم بِرِزْقٍ مِّنْهُ وَلْيَتَلَطَّفْ
وَلَا يُشْعِرَنَّ بِكُمْ أَحَدًا ١٩

19 ਇਸੇ ਹਾਲਤ ਵਿਚ ਅਸੀਂ ਉਹਨਾਂ ਨੂੰ ਨੀਂਦ ਤੋਂ ਉਠਾਇਆ ਤਾਂ ਜੋ ਉਹ ਆਪਸ ਵਿਚ ਪੁੱਛ ਗਿੱਛ ਕਰਨ। ਉਹਨਾਂ ਵਿੱਚੋਂ ਇਕ ਨੇ ਕਿਹਾ ਕਿ ਤੁਸੀਂ ਕਿੰਨੀ ਦੇਰ ਇਸ ਹਾਲਤ ਵਿਚ ਸੁੱਤੇ ਰਹੇ? ਉਹਨਾਂ ਨੇ ਉੱਤਰ ਦਿੱਤਾ ਕਿ ਅਸੀਂ ਇਕ ਦਿਨ ਜਾਂ ਇਕ ਦਿਨ ਤੋਂ ਵੀ ਘੱਟ ਇਸ ਹਾਲਤ ਵਿਚ ਰਹੇ ਹੋਵਾਂਗੇ। ਫੇਰ ਆਖਣ ਲੱਗੇ ਕਿ ਤੁਸੀਂ ਜਿੰਨੀ ਦੇਰ ਇੱਥੇ ਰਹੇ ਇਸ ਦਾ ਅਸਲ ਗਿਆਨ ਤਾਂ ਤੁਹਾਡੇ ਅੱਲਾਹ ਨੂੰ ਹੀ ਹੈ। ਸੋ ਹੁਣ ਤੁਸੀਂ ਆਪਣੇ ਵਿੱਚੋਂ ਇਕ ਵਿਅਕਤੀ ਨੂੰ ਇਹ ਚਾਂਦੀ (ਦਾ ਸਿੱਕਾ) ਦੇ ਕੇ ਬਸਤੀ ਵਿਚ ਭੇਜੋ। ਉਹ ਚੰਗੀ ਤਰ੍ਹਾਂ ਵੇਖ ਭਾਲ ਕਰ ਲਵੇ ਕਿ ਸ਼ਹਿਰ ਵਿਚ ਕਿਹੜਾ ਭੋਜਨ ਵਧੇਰੇ ਪਾਕੀਜ਼ਾ ਹੈ, ਉਸੇ ਵਿੱਚੋਂ ਤੁਹਾਡੇ ਲਈ ਵੀ ਭੋਜਨ ਲਿਆਵੇ। ਉਸ ਨੂੰ ਚਾਹੀਦਾ ਹੈ ਕਿ (ਸੁਚੇਤ ਹੋ ਕੇ) ਨਰਮਾਈ ਨਾਲ ਗੱਲ ਕਰੇ, ਤੁਹਾਡੇ ਬਾਰੇ ਉੱਕਾ ਹੀ ਕਿਸੇ ਨੂੰ ਪਤਾ ਨਾ ਲੱਗੇ।

20. ਜੇ ਕਿਤੇ ਉਹਨਾਂ (ਬਸਤੀ ਵਾਲਿਆਂ) ਨੂੰ ਤੁਹਾਡੀ ਖ਼ਬਰ ਹੋ ਗਈ ਤਾਂ ਉਹ ਪੱਥਰ ਮਾਰ-ਮਾਰ ਕੇ ਤੁਹਾਨੂੰ ਮਾਰ ਦੇਣਗੇ ਜਾਂ ਤੁਹਾਨੂੰ ਮੁੜ ਆਪਣੇ ਧਰਮ ਵਿਚ ਲੈ ਆਉਣਗੇ, ਫੇਰ ਤੁਸੀਂ ਕਦੇ ਵੀ ਸਫ਼ਲਤਾ ਪ੍ਰਾਪਤ ਨਹੀਂ ਕਰ ਸਕੋਗੇ।

إِنَّهُمْ إِن يَظْهَرُوا عَلَيْكُمْ يَرْجُمُوكُمْ أَوْ يُعِيدُوكُمْ
فِي مِلَّتِهِمْ وَلَن تُفْلِحُوا إِذًا أَبَدًا ﴿٢٠﴾

21. ਇਸੇ ਪ੍ਰਕਾਰ ਅਸੀਂ ਉਹਨਾਂ ਲੋਕਾਂ ਦੇ ਹਾਲੋਂ ਆਮ ਲੋਕਾਂ ਨੂੰ ਜਾਣੂ ਕਰਵਾਇਆ ਹੈ ਤਾਂ ਜੋ ਉਹ ਸਮਝ ਜਾਣ ਲੈਣ ਕਿ ਅੱਲਾਹ ਦਾ ਵਾਅਦਾ (ਆਪਣੇ ਨੇਕ ਬੰਦਿਆਂ ਦੀ) ਮਦਦ ਕਰਨ ਦਾ ਸੱਚਾ ਹੈ ਅਤੇ ਕਿਆਮਤ ਦੇ ਆਉਣ ਵਿਚ ਵੀ ਕੋਈ ਸ਼ੱਕ ਨਹੀਂ। ਜਦੋਂ ਉਹ (ਬਸਤੀ ਵਾਲੇ) ਇਹਨਾਂ ਦੇ ਮਾਮਲੇ ਵਿਚ ਆਪੋ ਵਿਚ ਝਗੜ ਰਹੇ ਸਨ ਤਾਂ ਉਹ ਆਖਣ ਲੱਗੇ ਕਿ (ਉਹਨਾਂ ਦੀ ਗੁਫ਼ਾ 'ਤੇ) ਇਕ ਭਵਨ ਬਣਾ ਦਿਓ, ਉਹਨਾਂ ਦੇ ਬਾਰੇ ਤਾਂ ਉਹਨਾਂ ਦਾ ਰੱਬ ਹੀ ਜਾਣਦਾ ਹੈ। ਜਿਹੜੇ ਲੋਕ ਮਾਮਲੇ ਦੀ ਅਗਵਾਈ ਕਰ ਰਹੇ ਸਨ, ਉਹ ਆਖਣ ਲੱਗੇ ਕਿ ਅਸੀਂ ਇਹਨਾਂ 'ਤੇ ਇਕ ਪੂਜਾ-ਸਥਾਨ ਬਣਾਵਾਂਗੇ।

وَكَذَٰلِكَ أَعْثَرْنَا عَلَيْهِمْ لِيَعْلَمُوا أَنَّ وَعْدَ اللَّهِ
حَقٌّ وَأَنَّ السَّاعَةَ لَا رَيْبَ فِيهَا إِذْ يَتَنَازَعُونَ
بَيْنَهُمْ أَمْرَهُمْ فَقَالُوا ابْنُوا عَلَيْهِم بُنْيَانًا
رَّبُّهُمْ أَعْلَمُ بِهِمْ قَالَ الَّذِينَ غَلَبُوا عَلَىٰ أَمْرِهِمْ
لَنَتَّخِذَنَّ عَلَيْهِم مَّسْجِدًا ﴿٢١﴾

22. ਕੁੱਝ ਲੋਕ ਤਾਂ ਆਖਣਗੇ ਕਿ ਉਹ (ਗੁਫ਼ਾ ਵਾਲੇ) ਤਿੰਨ ਸਨ ਅਤੇ ਚੌਥਾ ਉਹਨਾਂ ਦਾ ਕੁੱਤਾ ਸੀ, ਕੁੱਝ ਆਖਣਗੇ ਕਿ ਉਹ ਪੰਜ ਸਨ ਤੇ ਛੇਵਾਂ ਉਹਨਾਂ ਦਾ ਕੁੱਤਾ ਸੀ। (ਇਹ ਸਭ) ਹਨੇਰੇ ਵਿਚ ਤੀਰ ਚਲਾਉਣਾ ਹੈ। ਕੁੱਝ ਲੋਕ (ਇਹ ਵੀ) ਆਖਣਗੇ ਕਿ ਉਹ ਸੱਤ ਸਨ ਅਤੇ ਅਠਵਾਂ ਉਹਨਾਂ ਦਾ ਕੁੱਤਾ ਸੀ। (ਹੇ ਨਬੀ!) ਤੁਸੀਂ ਆਖ ਦਿਓ ਕਿ ਮੇਰਾ ਮਾਲਿਕ ਹੀ (ਉਹਨਾਂ ਦੀ ਠੀਕ ਗਿਣਤੀ) ਨੂੰ ਜਾਣਦਾ ਹੈ ਜਦ ਕਿ ਠੀਕ ਗਿਣਤੀ ਤਾਂ ਬਹੁਤ ਹੀ ਘੱਟ ਲੋਕ ਜਾਣਦੇ ਹਨ। ਸੋ ਤੁਸੀਂ ਇਸ ਸੰਬੰਧ

سَيَقُولُونَ ثَلَاثَةٌ رَّابِعُهُمْ كَلْبُهُمْ وَيَقُولُونَ
خَمْسَةٌ سَادِسُهُمْ كَلْبُهُمْ رَجْمًا بِالْغَيْبِ
وَيَقُولُونَ سَبْعَةٌ وَثَامِنُهُمْ كَلْبُهُمْ قُل رَّبِّي
أَعْلَمُ بِعِدَّتِهِم مَّا يَعْلَمُهُمْ إِلَّا قَلِيلٌ فَلَا
تُمَارِ فِيهِمْ إِلَّا مِرَاءً ظَاهِرًا وَلَا تَسْتَفْتِ
فِيهِم مِّنْهُمْ أَحَدًا ﴿٢٢﴾ ع 5

ਵਿਚ ਸਰਸਰੀ ਗੱਲ ਕਰੋ ਅਤੇ ਕੋਈ ਵਾਦ-ਵਿਵਾਦ ਵਾਲੀ ਗੱਲ ਨਾ ਕਰੋ ਅਤੇ ਨਾ ਤੁਸੀਂ ਉਹਨਾਂ ਦੇ ਬਾਰੇ ਕਿਸੇ ਤੋਂ ਕੁੱਝ ਪੁੱਛੋ।

23. ਕਿਸੇ ਵੀ ਕੰਮ ਬਾਰੇ ਕਦੇ ਵੀ ਇਹ ਨਾ ਕਹੋ ਕਿ ਮੈਂ ਇਹ ਕੰਮ ਭਲਕੇ ਕਰਾਂਗਾ।

وَلَا تَقُولَنَّ لِشَيْءٍ إِنِّي فَاعِلٌ ذَٰلِكَ غَدًا ﴿23﴾

24. (ਸਗੋਂ ਆਖਿਆ ਕਰੋ) ਹਾਂ, ਜੇ ਅੱਲਾਹ ਚਾਹੇ (ਫੇਰ ਹੀ ਕਰ ਸਕਦੇ ਹੋ) ਜੇ ਤੁਸੀਂ (ਇਨਸ਼ਾ ਅੱਲਾਹ ਕਹਿਣਾ) ਭੁੱਲ ਜਾਵੋ ਤਾਂ ਝੱਟ ਆਪਣੇ ਰੱਬ ਨੂੰ ਯਾਦ ਕਰੋ ਅਤੇ ਆਖੋ ਕਿ ਆਸ ਹੈ ਕਿ ਮੇਰਾ ਰੱਬ ਇਸ ਮਾਮਲੇ ਵਿਚ ਹਿਦਾਇਤ ਤੇ ਭਲਾਈ ਵਲ ਮੇਰੀ ਅਗਵਾਈ ਕਰੇਗਾ।

إِلَّا أَن يَشَاءَ اللَّهُ ۚ وَاذْكُر رَّبَّكَ إِذَا نَسِيتَ
وَقُلْ عَسَىٰ أَن يَهْدِيَنِ رَبِّي لِأَقْرَبَ مِنْ هَٰذَا
رَشَدًا ﴿24﴾

25. ਉਹ ਲੋਕ ਗੁਫ਼ਾ ਵਿਚ ਤਿੰਨ ਸੌ ਸਾਲ ਤੋਂ ਨੌਂ ਸਾਲ ਵੱਧ (ਭਾਵ 309 ਸਾਲ) ਰਹੇ।

وَلَبِثُوا فِي كَهْفِهِمْ ثَلَاثَ مِائَةٍ سِنِينَ وَازْدَادُوا
تِسْعًا ﴿25﴾

26. (ਹੇ ਨਬੀ!) ਤੁਸੀਂ ਆਖ ਦਿਓ ਕਿ ਉਹਨਾਂ ਦੇ ਰਹਿਣ ਦਾ ਠੀਕ ਸਮਾਂ ਤਾਂ ਅੱਲਾਹ ਹੀ ਜਾਣਦਾ ਹੈ। ਅਕਾਸ਼ਾਂ ਤੇ ਧਰਤੀ ਦਾ ਗੁਪਤ ਗਿਆਨ ਕੇਵਲ ਉਸੇ ਨੂੰ ਹੀ ਹੈ। ਉਹ ਕਿੰਨਾ ਵਧੀਆ ਵੇਖਣ ਤੇ ਸੁਣਨ ਵਾਲਾ ਹੈ। ਅੱਲਾਹ ਤੋਂ ਛੁੱਟ ਉਹਨਾਂ ਦਾ ਕੋਈ ਸਹਾਈ ਨਹੀਂ ਅਤੇ ਅੱਲਾਹ ਆਪਣੀ ਸੱਤਾ ਵਿਚ ਕਿਸੇ ਨੂੰ ਭਾਈਵਾਲ ਨਹੀਂ ਬਣਾਉਂਦਾ।

قُلِ اللَّهُ أَعْلَمُ بِمَا لَبِثُوا ۖ لَهُ غَيْبُ السَّمَاوَاتِ
وَالْأَرْضِ ۖ أَبْصِرْ بِهِ وَأَسْمِعْ ۚ مَا لَهُم مِّن دُونِهِ
مِن وَلِيٍّ وَلَا يُشْرِكُ فِي حُكْمِهِ أَحَدًا ﴿26﴾

27. (ਹੇ ਨਬੀ!) ਤੁਹਾਡੇ ਵੱਲ ਤੁਹਾਡੇ ਰੱਬ ਵੱਲੋਂ ਜਿਹੜੀ ਕਿਤਾਬ ਵਹੀ ਕੀਤੀ ਗਈ ਹੈ ਤੁਸੀਂ ਉਸ ਨੂੰ ਪੜ੍ਹਦੇ ਰਿਹਾ ਕਰੋ। ਇਸ (.ਕੁਰਆਨ) ਦੀਆਂ ਗੱਲਾਂ ਨੂੰ ਕੋਈ ਬਦਲਣ ਵਾਲਾ ਨਹੀਂ ਅਤੇ ਨਾ ਹੀ ਤੁਹਾਨੂੰ ਉਸ (ਅੱਲਾਹ) ਤੋਂ ਛੁੱਟ ਕੋਈ ਸ਼ਰਨ ਸਥਾਨ ਮਿਲ ਸਕਦਾ ਹੈ।

وَاتْلُ مَا أُوحِيَ إِلَيْكَ مِن كِتَابِ رَبِّكَ ۖ لَا مُبَدِّلَ
لِكَلِمَاتِهِ وَلَن تَجِدَ مِن دُونِهِ مُلْتَحَدًا ﴿27﴾

28. (ਹੇ ਨਬੀ!) ਤੁਸੀਂ ਆਪਣੇ ਆਪ ਨੂੰ ਉਹਨਾਂ ਲੋਕਾਂ ਦੀ ਸੰਗਤ ਵਿਚ ਰੱਖੋ ਜਿਹੜੇ ਸਵੇਰੇ-ਸ਼ਾਮ ਆਪਣੇ ਪਾਲਣਹਾਰ ਨੂੰ ਪੁਕਾਰਦੇ ਹਨ ਅਤੇ ਉਸ ਦੇ ਚਿਹਰੇ ਦਾ ਦੀਦਾਰ (ਭਾਵ ਉਸ ਦੀ ਰਜ਼ਾ) ਚਾਹੁੰਦੇ ਹਨ ਸੋ ਤੁਹਾਡੀਆਂ ਨਜ਼ਰਾਂ ਉਹਨਾਂ ਤੋਂ ਪਰਾਂ ਨਹੀਂ ਹਟਣੀਆਂ ਚਾਹੀਦੀਆਂ ਕਿ ਉਹ ਵੀ ਸੰਸਾਰਿਕ ਜੀਵਨ ਦੀ ਠਾਠ-ਬਾਠ ਦੀਆਂ ਇੱਛੁਕ ਬਣ ਜਾਣ। ਉਸ ਦੇ ਪਿੱਛੇ ਕਦੇ ਵੀ ਨਾ ਲੱਗੋ ਜਿਸ ਦੇ ਮਨ ਨੂੰ ਅਸੀਂ ਆਪਣੀ ਯਾਦ ਤੋਂ ਭੁਲਾ ਰੱਖਿਆ ਹੈ ਅਤੇ ਉਹ ਆਪਣੀਆਂ ਇੱਛਾਵਾਂ ਦੇ ਪਿੱਛੇ ਤੁਰ ਪਿਆ, ਫੇਰ ਉਸ ਦਾ ਮਾਮਲਾ ਹੱਦੋਂ ਟੱਪਿਆ ਹੋਇਆ ਹੈ।

وَاصْبِرْ نَفْسَكَ مَعَ الَّذِينَ يَدْعُونَ رَبَّهُم بِالْغَدَاةِ وَالْعَشِيِّ يُرِيدُونَ وَجْهَهُ ۖ وَلَا تَعْدُ عَيْنَاكَ عَنْهُمْ تُرِيدُ زِينَةَ الْحَيَاةِ الدُّنْيَا ۖ وَلَا تُطِعْ مَنْ أَغْفَلْنَا قَلْبَهُ عَن ذِكْرِنَا وَاتَّبَعَ هَوَاهُ وَكَانَ أَمْرُهُ فُرُطًا ﴿٢٨﴾

29. ਉਹਨਾਂ ਨੂੰ ਆਖ ਦਿਓ ਕਿ ਹੱਕ ਤੁਹਾਡੇ ਰੱਬ ਵੱਲੋਂ ਆ ਗਿਆ ਹੈ। ਹੁਣ ਜਿਹੜਾ ਚਾਹੇ ਈਮਾਨ ਲੈ ਆਏ ਅਤੇ ਜਿਹੜਾ ਚਾਹੇ ਕੁਫ਼ਰ (ਇਨਕਾਰ) ਕਰੇ। ਬੇਸ਼ੱਕ ਜ਼ਾਲਮਾਂ (ਇਨਕਾਰੀਆਂ) ਲਈ ਅਸੀਂ ਇਕ ਅਜਿਹੀ ਅੱਗ ਤਿਆਰ ਕਰ ਰੱਖੀ ਹੈ, ਜਿਸ ਦੀਆਂ ਲਾਟਾਂ ਨੇ ਉਹਨਾਂ ਨੂੰ ਘੇਰੇ ਵਿਚ ਲੈ ਲੈਣਾ ਹੈ, (ਜੇ ਉਹ ਪਾਣੀ ਲਈ) ਬੇਨਤੀ ਕਰਨਗੇ ਤਾਂ ਅਜਿਹੇ ਪਾਣੀ ਨਾਲ ਸੁਣੀ ਜਾਵੇਗੀ ਜਿਹੜਾ ਪੰਘਰੇ ਹੋਏ ਤੇਲ ਦੀ ਗਾਦ ਵਰਗਾ ਹੋਵੇਗਾ, ਉਹ ਉਹਨਾਂ ਦੇ ਚਿਹਰਿਆਂ ਨੂੰ ਭੁੰਨ ਦੇਵੇਗਾ। ਕਿੰਨੀ ਭੈੜੀ ਪੀਣ ਵਾਲੀ ਚੀਜ਼ ਹੈ ਅਤੇ ਕਿੰਨਾ ਭੈੜਾ ਵਿਸ਼ਰਾਮ ਘਰ (ਨਰਕ) ਹੈ।

وَقُلِ الْحَقُّ مِن رَّبِّكُمْ ۖ فَمَن شَاءَ فَلْيُؤْمِن وَمَن شَاءَ فَلْيَكْفُرْ ۚ إِنَّا أَعْتَدْنَا لِلظَّالِمِينَ نَارًا أَحَاطَ بِهِمْ سُرَادِقُهَا ۚ وَإِن يَسْتَغِيثُوا يُغَاثُوا بِمَاءٍ كَالْمُهْلِ يَشْوِي الْوُجُوهَ ۚ بِئْسَ الشَّرَابُ وَسَاءَتْ مُرْتَفَقًا ﴿٢٩﴾

30. ਪਰ ਜਿਹੜੇ ਈਮਾਨ ਲਿਆਉਣ ਤੇ ਫੇਰ ਨੇਕ ਕਰਮ ਕਰਨ ਤਾਂ ਅਸੀਂ ਕਿਸੇ ਵੀ ਨੇਕ ਕਰਮ ਕਰਨ ਵਾਲੇ ਦਾ ਬਦਲਾ ਅਜਾਈਂ ਨਹੀਂ ਗੁਆਉਂਦੇ (ਭਾਵ ਹੱਕ ਨਹੀਂ ਮਾਰਦੇ)।

إِنَّ الَّذِينَ آمَنُوا وَعَمِلُوا الصَّالِحَاتِ إِنَّا لَا نُضِيعُ أَجْرَ مَنْ أَحْسَنَ عَمَلًا ﴿٣٠﴾

31. ਉਹਨਾਂ ਲੋਕਾਂ ਲਈ ਸਦੀਵੀ ਬਾਗ਼ (ਜੰਨਤਾਂ) ਹਨ ਜਿਨ੍ਹਾਂ ਦੇ ਹੇਠ ਨਹਿਰਾਂ ਵਗਦੀਆਂ ਹੋਣਗੀਆਂ, ਉੱਥੇ ਉਹਨਾਂ ਨੂੰ ਸੋਨੇ ਦੇ ਕੜੇ ਪੁਆਏ ਜਾਣਗੇ ਅਤੇ ਹਰੇ ਰੰਗ ਦੇ ਬਰੀਕ ਤੇ ਮੋਟੇ ਰੇਸ਼ਮੀ ਲਿਬਾਸ ਪਹਿਨਣਗੇ। ਉੱਥੇ ਉਹ ਤੱਖਤਾਂ ਉੱਤੇ ਗਾਵ੍ਹੇ ਲਾਈ ਬੈਠੇ ਹੋਣਗੇ। ਕਿੰਨਾ ਵਧੀਆ ਬਦਲਾ ਹੈ ਅਤੇ ਕਿੰਨਾ ਵਧੀਆ ਵਿਸ਼ਰਾਮ ਘਰ (ਜੰਨਤ) ਹੈ।

أُولَٰئِكَ لَهُمْ جَنَّاتُ عَدْنٍ تَجْرِي مِنْ تَحْتِهِمُ الْأَنْهَارُ يُحَلَّوْنَ فِيهَا مِنْ أَسَاوِرَ مِنْ ذَهَبٍ وَيَلْبَسُونَ ثِيَابًا خُضْرًا مِنْ سُنْدُسٍ وَإِسْتَبْرَقٍ مُتَّكِئِينَ فِيهَا عَلَى الْأَرَائِكِ ۚ نِعْمَ الثَّوَابُ وَحَسُنَتْ مُرْتَفَقًا ﴿٣١﴾

32. (ਹੇ ਨਬੀ!) ਇਹਨਾਂ ਲੋਕਾਂ ਨੂੰ ਉਹਨਾਂ ਦੋ ਵਿਅਕਤੀਆਂ ਦੀ ਉਦਾਹਰਨ ਵੀ ਸੁਣਾ ਦਿਓ, ਉਨ੍ਹਾਂ ਜਿਨ੍ਹਾਂ ਵਿੱਚੋਂ ਇਕ ਨੂੰ ਅਸਾਂ ਅੰਗੂਰਾਂ ਦੇ ਦੋ ਬਾਗ਼ ਦਿੱਤੇ ਸੀ ਅਤੇ ਉਹਨਾਂ ਦੁਆਲੇ ਖਜੂਰਾਂ ਦੇ ਰੁੱਖਾਂ ਦੀ ਵਾੜ ਲਾਈ ਸੀ ਅਤੇ ਉਹਨਾਂ (ਦੋਵੇਂ ਬਾਗ਼ਾਂ) ਦੇ ਵਿਚਾਲੇ ਖੇਤੀ ਉਗਾ ਛੱਡੀ ਸੀ।

وَاضْرِبْ لَهُمْ مَثَلًا رَجُلَيْنِ جَعَلْنَا لِأَحَدِهِمَا جَنَّتَيْنِ مِنْ أَعْنَابٍ وَحَفَفْنَاهُمَا بِنَخْلٍ وَجَعَلْنَا بَيْنَهُمَا زَرْعًا ﴿٣٢﴾

33. ਦੋਵੇਂ ਬਾਗ਼ਾਂ ਨੇ ਫਲ ਦੇਣ ਵਿਚ ਕਿਸੇ ਤਰ੍ਹਾਂ ਦੀ ਕੋਈ ਕਸਰ ਨਹੀਂ ਛੱਡੀ ਸੀ ਅਤੇ ਉਹਨਾਂ ਦੋਵਾਂ ਬਾਗ਼ਾਂ ਦੇ ਵਿਚਕਾਰ ਅਸੀਂ ਇਕ ਨਹਿਰ ਵਗਾ ਦਿੱਤੀ ਸੀ।

كِلْتَا الْجَنَّتَيْنِ آتَتْ أُكُلَهَا وَلَمْ تَظْلِمْ مِنْهُ شَيْئًا ۚ وَفَجَّرْنَا خِلَالَهُمَا نَهَرًا ﴿٣٣﴾

34. ਜਦੋਂ ਉਸ ਨੂੰ ਫਲਾਂ (ਦੀ ਉਪਜ ਪੂਰੀ) ਮਿਲ ਗਈ ਤਾਂ ਉਹ ਆਪਣੇ ਮਿੱਤਰ ਨੂੰ ਗੱਲਾਂ ਕਰਦੇ ਹੋਏ ਆਖਣ ਲੱਗਾ ਕਿ ਮੈਂ ਤੇਥੋਂ ਵਧੇਰੇ ਮਾਲਦਾਰ ਹਾਂ ਅਤੇ ਜੱਥੇ ਪੱਖੋਂ ਵੀ ਤੇਥੋਂ ਵੱਧ ਆਦਰ-ਮਾਨ ਵਾਲਾ ਹਾਂ।

وَكَانَ لَهُ ثَمَرٌ فَقَالَ لِصَاحِبِهِ وَهُوَ يُحَاوِرُهُ أَنَا أَكْثَرُ مِنْكَ مَالًا وَأَعَزُّ نَفَرًا ﴿٣٤﴾

35. ਅਤੇ (ਇਹੋ ਆਖਦੇ ਹੋਏ) ਜਦੋਂ ਉਹ ਆਪਣੇ ਬਾਗ਼ ਵਿਚ ਦਾਖ਼ਲ ਹੋਇਆ ਜਦ ਕਿ ਉਹ ਆਪਣੀ ਆਤਮਾ ਨਾਲ ਜ਼ੁਲਮ ਕਰ ਰਿਹਾ ਸੀ। ਉਸ ਨੇ ਆਖਿਆ ਕਿ ਮੈਂ ਨਹੀਂ ਸਮਝਦਾ ਕਿ ਇਹ ਬਾਗ਼ ਕਦੇ ਨਸ਼ਟ ਹੋਵੇਗਾ।

وَدَخَلَ جَنَّتَهُ وَهُوَ ظَالِمٌ لِنَفْسِهِ قَالَ مَا أَظُنُّ أَنْ تَبِيدَ هَٰذِهِ أَبَدًا ﴿٣٥﴾

36. ਅਤੇ ਆਖਿਆ ਕਿ ਨਾ ਹੀ ਮੈਂ ਸਮਝਦਾ ਹਾਂ ਕਿ ਕਿਆਮਤ ਕਾਇਮ ਹੋਵੇਗੀ। ਜੇ ਭਲਾਂ ਮੈਨੂੰ ਆਪਣੇ ਰੱਬ ਵੱਲ ਪਰਤਾਇਆ ਵੀ ਗਿਆ ਤਾਂ ਜ਼ਰੂਰ ਮੈਂ ਇਹਨਾਂ ਬਾਗ਼ਾਂ ਤੋਂ ਵੀ ਵਧੀਆ ਥਾਂ ਪ੍ਰਾਪਤ ਕਰਾਂਗਾ।

وَمَا أَظُنُّ السَّاعَةَ قَائِمَةً وَلَئِن رُّدِدتُّ
إِلَىٰ رَبِّي لَأَجِدَنَّ خَيْرًا مِّنْهَا مُنقَلَبًا ﴿٣٦﴾

37. ਉਸ ਦੇ ਮੋਮਿਨ ਸਾਥੀ ਨੇ ਉਸ ਨੂੰ ਗੱਲਾਂ ਗੱਲਾਂ ਵਿਚ ਪੁੱਛਿਆ, ਕੀ ਤੂੰ ਉਸ (ਰੱਬ) ਦਾ ਇਨਕਾਰ ਕਰਦਾ ਹੈਂ ਜਿਸ ਨੇ ਤੈਨੂੰ ਮਿੱਟੀ ਤੋਂ ਪੈਦਾ ਕੀਤਾ, ਤੇ ਫੇਰ ਵੀਰਜ ਤੋਂ ਸਾਜਿਆ ਤੇ ਫੇਰ ਇਕ ਪੂਰਾ ਆਦਮੀ ਬਣਾ ਖੜ੍ਹਾ ਕੀਤਾ?

قَالَ لَهُ صَاحِبُهُ وَهُوَ يُحَاوِرُهُ أَكَفَرْتَ
بِالَّذِي خَلَقَكَ مِن تُرَابٍ ثُمَّ مِن نُّطْفَةٍ
ثُمَّ سَوَّاكَ رَجُلًا ﴿٣٧﴾

38. ਜਦੋਂ ਕਿ ਮੇਰਾ ਤਾਂ ਇਹ ਵਿਸ਼ਵਾਸ ਹੈ ਕਿ ਉਹੀਓ ਅੱਲਾਹ ਮੇਰਾ ਰੱਬ ਹੈ ਤੇ ਮੈਂ ਆਪਣੇ ਰੱਬ (ਪਾਲਣਹਾਰ) ਦੇ ਨਾਲ ਕਿਸੇ ਨੂੰ ਵੀ ਸ਼ਰੀਕ (ਸਾਂਝੀ) ਨਹੀਂ ਬਣਾਉਂਦਾ।

لَّٰكِنَّا هُوَ اللَّهُ رَبِّي وَلَا أُشْرِكُ بِرَبِّي أَحَدًا ﴿٣٨﴾

39. (ਅਤੇ ਕਿਹਾ) ਜਦੋਂ ਤੂੰ ਆਪਣੇ ਬਾਗ਼ ਵਿਚ ਦਾਖ਼ਲ ਹੋ ਰਿਹਾ ਸੀ ਤਾਂ "ਮਾਸ਼ਾ ਅੱਲਾਹ ਲਾ ਕੁੱਵਤਾ ਇੱਲਾ ਬਿੱਲਾਹ"[1] (ਭਾਵ ਜੋ ਅੱਲਾਹ ਚਾਹੁੰਦਾ ਹੈ ਉਹੀਓ ਹੁੰਦਾ ਹੈ, ਅੱਲਾਹ ਤੋਂ ਛੁੱਟ ਹੋਰ

وَلَوْلَا إِذْ دَخَلْتَ جَنَّتَكَ قُلْتَ مَا شَاءَ اللَّهُ
لَا قُوَّةَ إِلَّا بِاللَّهِ ۚ إِن تَرَنِ أَنَا أَقَلَّ مِنكَ مَالًا
وَوَلَدًا ﴿٣٩﴾

---

[1] "ਮਾਸ਼ਾ ਅੱਲਾਹ ਲਾ ਕੁਵ ਵਤਾ ਇੱਲਾ ਬਿੱਲਾਹ" ਘੇਰੇ ਬਰਕਤ ਅਤੇ ਬੁਰੀ ਨਜ਼ਰ ਤੋਂ ਬਚਾਉਣ ਵਾਲੀ ਦੁਆ ਹੈ ਇਸ ਦੇ ਨਾਲ ਹੀ "ਲਾ ਹੌਲਾ ਵਲਾ ਕੁੱਵੱਤਾ ਇੱਲਾ ਬਿੱਲਾਹ" ਭਾਵ ਅੱਲਾਹ ਤੋਂ ਛੁੱਟ ਕੋਈ ਵੀ ਗੁਨਾਹਾਂ ਤੋਂ ਧਰਾ ਰੋਕਣ ਅਤੇ ਨਾ ਹੀ ਉਸ ਤੋਂ ਛੁੱਟ ਕੋਈ ਨੇਕੀ ਕਰਨ ਦੀ ਹਿੰਮਤ ਦਿੰਦਾ ਹੈ। ਇਹ ਵਧੀਆ ਬੋਲ ਹਨ ਇਹਨਾਂ ਦੀ ਮਹੱਤਤਾ ਹਦੀਸ ਵਿਚ ਬਿਆਨ ਕੀਤੀ ਗਈ ਹੈ। ਜਿਵੇਂ ਹਜ਼ਰਤ ਅਬੂ-ਮੂਸਾ ਅਸ਼ਅਰੀ ਰਜ਼ਿ: ਦੱਸਦੇ ਹਨ ਕਿ ਅੱਲਾਹ ਦੇ ਰਸੂਲ (ਸ:) ਇਕ ਹੀ ਪਹਾੜੀ 'ਤੇ ਚੜ੍ਹਣ ਲੱਗੇ ਤਾਂ ਇਕ ਵਿਅਕਤੀ ਉਸ ਦੀ ਚੋਟੀ 'ਤੇ ਪਹੁੰਚ ਗਿਆ ਅਤੇ ਆਖਣ ਲੱਗਾ ਕਿ 'ਲਾ ਇਲਾਹਾ ਇੱਲਲਾਹ ਵੱਲਾ ਹੋ ਅਕਬਰ'। ਉਸ ਵੇਲੇ ਨਬੀ (ਸ:) ਆਪਣੇ ਖੱਚਰ 'ਤੇ ਸਵਾਰ ਸੀ, ਆਪ (ਸ:) ਨੇ ਫ਼ਰਮਾਇਆ ਕਿ ਤੂੰ ਕਿਸੇ ਬੋਲੇ ਨੂੰ ਨਹੀਂ ਪੁਕਾਰ ਰਿਹਾ। ਫੇਰ ਫ਼ਰਮਾਇਆ "ਹੇ ਮੂਸਾ! ਜਾਂ ਹੇ ਅਬਦੁੱਲਾ ਕੀ ਮੈਂ ਤੁਹਾਨੂੰ ਜੰਨਤ ਦੇ ਖ਼ਜ਼ਾਨਿਆਂ ਵਿੱਚੋਂ ਇਕ ਬੋਲ ਨਾ ਦੱਸਾਂ? ਮੈਨੇ ਅਰਜ਼ ਕੀਤੀ ਕਿਉਂ ਨਹੀਂ ਜ਼ਰੂਰ ਦੱਸੋ, ਆਪ (ਸ:) ਨੇ ਫ਼ਰਮਾਇਆ ਲਾ ਹੌਲਾ ਵਲਾ ਕੁਵ-ਵਤਾ ਇੱਲਾ ਬਿੱਲਾਹ"। (ਸਹੀ ਬੁਖ਼ਾਰੀ, ਹਦੀਸ: 6409)

ਕੋਈ ਵੀ ਸ਼ਕਤੀ ਨਹੀਂ) ਕਿਉਂ ਨਾ ਕਿਹਾ। ਜੇ ਅੱਜ ਤੂੰ ਮੈਨੂੰ ਮਾਲ ਤੇ ਸੰਤਾਨ ਪੱਖੋਂ ਘੱਟ ਵੇਖ ਰਿਹਾ ਹੈ।

فَعَسٰى رَبِّيْٓ اَنْ يُّؤْتِيَنِ خَيْرًا مِّنْ جَنَّتِكَ
وَيُرْسِلَ عَلَيْهَا حُسْبَانًا مِّنَ السَّمَآءِ فَتُصْبِحَ
صَعِيْدًا زَلَقًا ﴿40﴾

40. ਹੋ ਸਕਦਾ ਹੈ ਕਿ ਮੇਰਾ ਰੱਬ ਮੈਨੂੰ ਤੇਰੇ ਇਸ ਬਾਗ਼ ਤੋਂ ਵੀ ਵਧੀਆ (ਬਾਗ਼) ਦੇ ਦੇਵੇ ਅਤੇ ਜਾਂ ਤੇਰੇ ਇਸ ਬਾਗ਼ 'ਤੇ ਕੋਈ ਅਕਾਸ਼ੋਂ ਅਜ਼ਾਬ ਭੇਜੇ ਕਿ ਉਹ (ਤੇਰਾ ਬਾਗ਼) ਇਕ ਰੜਾ ਮੈਦਾਨ ਬਣ ਕੇ ਰਹਿ ਜਾਵੇ।

اَوْ يُصْبِحَ مَآؤُهَا غَوْرًا فَلَنْ تَسْتَطِيْعَ لَهٗ طَلَبًا ﴿41﴾

41. ਜਾਂ ਇਸ ਦਾ ਪਾਣੀ ਡੂੰਘਿਆਈ (ਭਾਵ ਧਰਤੀ) ਵਿਚ ਉੱਤਰ ਜਾਵੇ ਫੇਰ ਇਹ ਗੱਲ ਤੇਰੇ ਵੱਸ ਦੀ ਨਹੀਂ ਕਿ ਤੂੰ (ਪਾਣੀ ਨੂੰ) ਲੱਭ ਸਕੇ (ਭਾਵ ਕੱਢ ਲਿਆਵੇਂ)।

وَاُحِيْطَ بِثَمَرِهٖ فَاَصْبَحَ يُقَلِّبُ كَفَّيْهِ عَلٰى
مَآ اَنْفَقَ فِيْهَا وَهِيَ خَاوِيَةٌ عَلٰى عُرُوْشِهَا
وَيَقُوْلُ يٰلَيْتَنِيْ لَمْ اُشْرِكْ بِرَبِّيْٓ اَحَدًا ﴿42﴾

42 ਸੋ ਉਸ (ਨਾ-ਸ਼ੁਕਰੇ) ਦੇ ਫਲਾਂ ਨੂੰ (ਅਜ਼ਾਬ ਨੇ) ਘੇਰ ਲਿਆ (ਭਾਵ ਨਸ਼ਟ ਹੋ ਗਏ) ਉਹ ਆਪਣੀ ਲਗਾਈ ਹੋਈ ਲਾਗਤ ਨੂੰ ਬਰਬਾਦ ਹੁੰਦਾ ਵੇਖ ਹੱਥ ਮਲਦਾ ਰਹਿ ਗਿਆ, ਜਦ ਕਿ ਉਹ ਆਪਣੇ (ਬਾਗ਼) ਛੱਪਰਾਂ 'ਤੇ ਪੁੱਠਾ ਡਿੱਗਿਆ ਪਿਆ ਸੀ ਅਤੇ ਉਹ ਆਖ ਰਿਹਾ ਸੀ ਕਿ ਕਾਸ਼! ਮੈਂ ਆਪਣੇ ਰੱਬ ਦੇ ਨਾਲ ਕਿਸੇ ਨੂੰ ਸ਼ਰੀਕ ਨਾ ਕਰਦਾ।

وَلَمْ تَكُنْ لَّهٗ فِئَةٌ يَّنْصُرُوْنَهٗ مِنْ دُوْنِ
اللّٰهِ وَمَا كَانَ مُنْتَصِرًا ﴿43﴾

43 ਉਸ ਦੀ ਸਹਾਇਤਾ ਲਈ ਕੋਈ ਅਜਿਹਾ ਜੱਥਾ ਨਹੀਂ ਸੀ ਜਿਹੜਾ ਅੱਲਾਹ (ਦੇ ਅਜ਼ਾਬ) ਤੋਂ ਉਸ ਦਾ ਬਚਾਓ ਕਰਦਾ ਅਤੇ ਨਾ ਹੀ ਉਹ ਆਪ ਇਸ (ਬਿਪਤਾ) ਦਾ ਸਾਥੋਂ ਬਦਲਾ ਲੈ ਸਕਦਾ ਸੀ।

هُنَالِكَ الْوَلَايَةُ لِلّٰهِ الْحَقِّ ۭ هُوَ خَيْرٌ
ثَوَابًا وَّخَيْرٌ عُقْبًا ﴿44﴾

44 (ਇਸ ਤੋਂ ਸਿੱਧ ਹੁੰਦਾ ਹੈ ਕਿ) ਕੰਮ ਬਣਾਉਣ ਦਾ ਸਾਰਾ ਅਧਿਕਾਰ ਅੱਲਾਹ ਸੱਚੇ ਦਾ ਹੀ ਹੈ। ਉਹੀਓ ਲੋਕ-ਪਰਲੋਕ ਵਿਚ ਵਧੀਆ ਬਦਲਾ ਦੇਣ ਵਾਲਾ ਹੈ।

45. (ਹੇ ਨਬੀ !) ਇਹਨਾਂ ਨੂੰ ਸੰਸਾਰਿਕ ਜੀਵਨ ਦੀ ਉਦਾਹਰਨ ਦਿਓ ਕਿ ਜਿਵੇਂ ਮੀਂਹ ਦਾ ਪਾਣੀ ਹੈ, ਜਿਸ ਨੂੰ ਅਸਾਂ ਅਕਾਸ਼ੋਂ ਬਰਸਾਇਆ, ਜਿਸ ਤੋਂ ਧਰਤੀ ਦੀ ਉਪਜ ਬਹੁਤ ਵਧੀਆ ਹੋਈ, ਫੇਰ ਉਹੀਓ ਉਪਜ ਚੂਰਾ ਚੂਰਾ (ਭਾਵ ਭੂਸਾ) ਬਣ ਕੇ ਰਹਿ ਗਈ ਜਿਸ ਨੂੰ ਹਵਾਵਾਂ ਉਡਾਈਂ ਫਿਰਦੀਆਂ ਹਨ। ਬੇਸ਼ੱਕ ਅੱਲਾਹ ਹਰੇਕ ਕੰਮ ਕਰਨ ਦੀ ਕੁਦਰਤ ਰੱਖਦਾ ਹੈ।

وَاضْرِبْ لَهُمْ مَثَلَ الْحَيٰوةِ الدُّنْيَا كَمَاءٍ أَنْزَلْنٰهُ مِنَ السَّمَاءِ فَاخْتَلَطَ بِهِ نَبَاتُ الْأَرْضِ فَأَصْبَحَ هَشِيمًا تَذْرُوهُ الرِّيٰحُ ۗ وَكَانَ اللّٰهُ عَلٰى كُلِّ شَيْءٍ مُّقْتَدِرًا ﴿45﴾

46. ਇਹ ਮਾਲ (ਧਨ ਪਦਾਰਥ) ਤੇ ਔਲਾਦ ਤਾਂ ਸੰਸਰਿਕ ਜੀਵਨ ਦੀਆਂ ਸਜਾਵਟਾਂ ਹਨ, ਜਦ ਕਿ ਤੁਹਾਡੇ ਰੱਬ ਦੀਆਂ ਨਜ਼ਰਾਂ ਵਿਚ ਬਾਕੀ ਰਹਿਣ ਵਾਲੀਆਂ ਨੇਕੀਆਂ ਹੀ ਸਿੱਟੇ ਪੱਖੋਂ ਬਿਹਤਰ ਹਨ ਅਤੇ ਚੰਗੀਆਂ ਆਸਾਂ ਤੱਕਣ ਲਈ ਵੀ ਇਹੋ ਵਧੀਆ ਹਨ।

الْمَالُ وَالْبَنُونَ زِينَةُ الْحَيٰوةِ الدُّنْيَا ۖ وَالْبٰقِيٰتُ الصّٰلِحٰتُ خَيْرٌ عِنْدَ رَبِّكَ ثَوَابًا وَخَيْرٌ أَمَلًا ﴿46﴾

47. ਜਿਸ ਦਿਨ ਅਸੀਂ ਪਹਾੜਾਂ ਨੂੰ ਤੋਰਾਂਗੇ ਅਤੇ ਤੁਸੀਂ ਧਰਤੀ ਨੂੰ ਉੱਕਾ ਹੀ ਰੜਾ ਮੈਦਾਨ ਵੇਖੋਂਗੇ ਅਤੇ ਅਸੀਂ ਸਾਰੇ ਹੀ ਲੋਕਾਂ ਨੂੰ ਇਕੱਠਾ ਕਰਾਂਗੇ ਕਿ ਉਹਨਾਂ ਵਿੱਚੋਂ ਕੋਈ ਵੀ (ਬਿਨਾ ਪੁੱਛ ਗਿੱਛ ਤੋਂ ਛੱਡਿਆ ਨਹੀਂ ਜਾਵੇਗਾ।

وَيَوْمَ نُسَيِّرُ الْجِبَالَ وَتَرَى الْأَرْضَ بَارِزَةً ۙ وَحَشَرْنٰهُمْ فَلَمْ نُغَادِرْ مِنْهُمْ أَحَدًا ﴿47﴾

48. ਅਤੇ ਉਹ ਸਾਰੇ ਕਤਾਰਾਂ ਬੰਨੀ ਤੁਹਾਡੇ ਰੱਬ ਦੇ ਹਜ਼ੂਰ ਪੇਸ਼ ਕੀਤੇ ਜਾਣਗੇ। (ਕਿਹਾ ਜਾਵੇਗਾ ਕਿ) ਤੁਸੀਂ ਸਾਰੇ ਲੋਕ ਸਾਡੇ ਕੋਲ ਉਸੇ ਪ੍ਰਕਾਰ ਆਏ ਹੋ ਜਿਵੇਂ ਅਸੀਂ ਤੁਹਾਨੂੰ ਪਹਿਲੀ ਵਾਰ ਪੈਦਾ ਕੀਤਾ ਸੀ ਪਰ ਤੁਸੀਂ ਤਾਂ ਇਹੋ ਸਮਝਦੇ ਰਹੇ ਕਿ ਅਸੀਂ ਤੁਹਾਡੇ ਲਈ ਵਾਅਦੇ (ਭਾਵ ਕਿਆਮਤ) ਦਾ ਕੋਈ ਵੀ ਸਮਾਂ ਨਿਸ਼ਚਿਤ ਨਹੀਂ ਸੀ ਕੀਤਾ।

وَعُرِضُوا عَلٰى رَبِّكَ صَفًّا ۗ لَقَدْ جِئْتُمُونَا كَمَا خَلَقْنٰكُمْ أَوَّلَ مَرَّةٍ ۚ بَلْ زَعَمْتُمْ أَلَّنْ نَّجْعَلَ لَكُمْ مَّوْعِدًا ﴿48﴾

49 (ਕਿਆਮਤ ਦਿਹਾੜੇ) ਹਰੇਕ ਦੀ ਕਰਮ-ਪਤਰੀ ਉਸ ਦੇ ਸਾਹਮਣੇ ਧਰ ਦਿੱਤੀ ਜਾਵੇਗੀ। (ਹੇ ਮੁਹੰਮਦ!) ਫੇਰ ਤੁਸੀਂ ਵੇਖੋਗੇ ਕਿ ਅਪਰਾਧੀ ਉਸ ਦੀ ਲਿਖਤ ਨੂੰ ਪੜ੍ਹ ਕੇ ਡਰੇ ਸਹਿਮੇ ਪਏ ਹੋਣਗੇ ਅਤੇ ਆਖਣਗੇ ਕਿ ਹਾਏ ਸਾਡੇ ਫੁੱਟੇ ਭਾਗ! ਇਹ ਕਿਹੋ ਜਿਹੀ ਕਰਮ-ਪਤਰੀ ਹੈ ਜਿਸ ਨੇ ਕੋਈ ਵੀ ਛੋਟਾ ਵੱਡਾ ਅਮਲ ਬਿਨਾਂ ਲਿਖੇ ਨਹੀਂ ਛੱਡਿਆ ਅਤੇ ਇਸਨੇ ਤਾਂ ਸਭ ਕੁੱਝ ਹੀ ਗਿਣ ਰੱਖਿਆ ਹੈ। ਜੋ ਵੀ ਉਹਨਾਂ ਨੇ ਕਰਮ (ਕਰਤੂਤਾਂ) ਕੀਤੇ ਸਨ ਉਨ੍ਹਾਂ ਸਭ ਨੂੰ (ਉਸ ਕਿਤਾਬ ਵਿਚ) ਮੌਜੂਦ ਪਾਉਣਗੇ ਅਤੇ ਤੁਹਾਡਾ ਰੱਬ ਕਿਸੇ ਨਾਲ ਭੋਰਾ ਭਰ ਵੀ ਜ਼ੁਲਮ ਨਹੀਂ ਕਰੇਗਾ।

وَوُضِعَ الْكِتٰبُ فَتَرَى الْمُجْرِمِيْنَ مُشْفِقِيْنَ
مِمَّا فِيْهِ وَيَقُوْلُوْنَ يٰوَيْلَتَنَا مَالِ هٰذَا الْكِتٰبِ
لَا يُغَادِرُ صَغِيْرَةً وَّلَا كَبِيْرَةً اِلَّآ اَحْصٰىهَا ۚ
وَوَجَدُوْا مَا عَمِلُوْا حَاضِرًا ۗ وَلَا يَظْلِمُ رَبُّكَ
اَحَدًا ﴿49﴾

50 (ਯਾਦ ਕਰੋ) ਜਦੋਂ ਅਸੀਂ ਫ਼ਰਿਸ਼ਤਿਆਂ ਨੂੰ ਹੁਕਮ ਦਿੱਤਾ ਕਿ ਆਦਮ ਦੇ ਅੱਗੇ ਸੀਸ ਝੁਕਾਓ ਤਾਂ ਛੁੱਟ ਇਬਲੀਸ ਤੋਂ ਸਭ ਨੇ ਸੀਸ ਝੁਕਾ ਦਿੱਤੇ। ਉਹ (ਇਬਲੀਸ) ਜਿੰਨਾਂ ਵਿੱਚੋਂ ਸੀ। ਸੋ ਉਸ ਨੇ ਆਪਣੇ ਰੱਬ ਦੀ ਨਾ-ਫ਼ਰਮਾਨੀ ਕੀਤੀ। (ਹੇ ਲੋਕੋ!) ਕੀ ਤੁਸੀਂ ਫੇਰ ਵੀ ਮੈਨੂੰ ਛੱਡ ਕੇ ਉਸ ਨੂੰ ਅਤੇ ਉਸਦੀ ਔਲਾਦ ਨੂੰ ਆਪਣਾ ਮਿੱਤਰ ਬਣਾ ਰਹੇ ਹੋ, ਜਦੋਂ ਕਿ ਉਹ ਤੁਹਾਡਾ ਵੈਰੀ ਹੈ। ਜ਼ਾਲਮਾਂ ਦਾ ਬਹੁਤ ਹੀ ਭੈੜਾ ਟਿਕਾਣਾ (ਨਰਕ) ਹੈ।

وَاِذْ قُلْنَا لِلْمَلٰٓئِكَةِ اسْجُدُوْا لِاٰدَمَ
فَسَجَدُوْٓا اِلَّآ اِبْلِيْسَ ۗ كَانَ مِنَ الْجِنِّ
فَفَسَقَ عَنْ اَمْرِ رَبِّهٖ ۗ اَفَتَتَّخِذُوْنَهٗ
وَذُرِّيَّتَهٗٓ اَوْلِيَآءَ مِنْ دُوْنِيْ وَهُمْ لَكُمْ
عَدُوٌّ ۗ بِئْسَ لِلظّٰلِمِيْنَ بَدَلًا ﴿50﴾

51 ਮੈਂ ਉਹਨਾਂ (ਇਬਲੀਸ ਤੇ ਉਸ ਦੀ ਔਲਾਦ) ਨੂੰ ਅਕਾਸ਼ਾਂ ਤੇ ਧਰਤੀ ਨੂੰ ਸਿਰਜਣ ਸਮੇਂ ਗਵਾਹ ਨਹੀਂ ਬਣਾਇਆ ਸੀ ਅਤੇ ਨਾ ਹੀ ਉਸ ਸਮੇਂ, ਜਦੋਂ ਉਹਨਾਂ ਨੂੰ ਪੈਦਾ ਕੀਤਾ ਗਿਆ ਸੀ। ਮੈਂ ਕੁਰਾਹੇ ਪਾਉਣ ਵਾਲਿਆਂ ਨੂੰ ਆਪਣਾ ਸਹਾਈ ਬਣਾਉਣ ਵਾਲਾ ਵੀ ਨਹੀਂ।

مَآ اَشْهَدْتُّهُمْ خَلْقَ السَّمٰوٰتِ وَالْاَرْضِ
وَلَا خَلْقَ اَنْفُسِهِمْ ۖ وَمَا كُنْتُ مُتَّخِذَ
الْمُضِلِّيْنَ عَضُدًا ﴿51﴾

وَيَوْمَ يَقُولُ نَادُوا شُرَكَائِيَ الَّذِينَ زَعَمْتُمْ
فَدَعَوْهُمْ فَلَمْ يَسْتَجِيبُوا لَهُمْ وَجَعَلْنَا بَيْنَهُمْ
مَوْبِقًا ﴿٥٢﴾

52. (ਉਸ ਦਿਨ ਤੋਂ ਡਰੋ) ਜਿਸ ਦਿਨ ਉਹ (ਅੱਲਾਹ) ਆਖੇਗਾ ਕਿ ਤੁਸੀਂ ਜਿਨ੍ਹਾਂ ਨੂੰ ਮੇਰਾ ਸ਼ਰੀਕ ਸਮਝਦੇ ਸੀ ਉਹਨਾਂ ਨੂੰ (ਆਪਣੀ ਮਦਦ ਲਈ) ਬੁਲਾਓ। ਇਹ ਉਹਨਾਂ ਨੂੰ ਬੁਲਾਉਣਗੇ ਪਰ ਉਹ ਕੋਈ ਵੀ ਜਵਾਬ ਨਹੀਂ ਦੇਣਗੇ ਅਤੇ ਅਸੀਂ ਉਹਨਾਂ (ਜ਼ਾਲਮਾਂ) ਵਿਚਾਲੇ ਬਰਬਾਦੀ ਦੀ ਇਕ ਖਾਈ ਬਣਾ ਦੇਵਾਂਗੇ।

وَرَأَى الْمُجْرِمُونَ النَّارَ فَظَنُّوا أَنَّهُمْ مُوَاقِعُوهَا
وَلَمْ يَجِدُوا عَنْهَا مَصْرِفًا ﴿٥٣﴾

53 ਅਤੇ ਪਾਪੀ (ਨਰਕ ਦੀ) ਅੱਗ ਨੂੰ ਵੇਖ ਕੇ ਸਮਝ ਲੈਣਗੇ ਕਿ ਉਹ ਇਸੇ (ਖਾਈ) ਵਿਚ ਸੁੱਟੇ ਜਾਣਗੇ ਅਤੇ ਉਸ ਤੋਂ ਬਚਣ ਲਈ ਉਹਨਾਂ ਨੂੰ ਕੋਈ ਹੋਰ ਥਾਂ ਨਹੀਂ ਲੱਭੇਗੀ।

وَلَقَدْ صَرَّفْنَا فِي هَٰذَا الْقُرْآنِ لِلنَّاسِ
مِنْ كُلِّ مَثَلٍ ۚ وَكَانَ الْإِنْسَانُ أَكْثَرَ
شَيْءٍ جَدَلًا ﴿٥٤﴾

54 ਅਸੀਂ ਇਸ ਕੁਰਆਨ ਵਿਚੋਂ ਹਰ ਹਰ ਪ੍ਰਕਾਰ ਦੀਆਂ ਉਦਾਹਰਣਾਂ ਲੋਕਾਂ (ਨੂੰ ਸਮਝਾਉਣ) ਲਈ ਬਿਆਨ ਕਰ ਦਿੱਤੀਆਂ ਹਨ ਪਰ ਮਨੁੱਖ ਸਭ ਤੋਂ ਵੱਧ ਝਗੜਾਲੂ ਹੈ।

وَمَا مَنَعَ النَّاسَ أَنْ يُؤْمِنُوا إِذْ جَاءَهُمُ الْهُدَىٰ
وَيَسْتَغْفِرُوا رَبَّهُمْ إِلَّا أَنْ تَأْتِيَهُمْ سُنَّةُ
الْأَوَّلِينَ أَوْ يَأْتِيَهُمُ الْعَذَابُ قُبُلًا ﴿٥٥﴾

55. ਲੋਕਾਂ ਦੇ ਕੋਲ ਹਿਦਾਇਤ ਆ ਜਾਣ ਤੋਂ ਬਾਅਦ ਵੀ ਉਹਨਾਂ ਨੂੰ ਈਮਾਨ ਲਿਆਉਣ ਤੋਂ ਤੇ ਆਪਣੇ ਰੱਬ ਤੋਂ ਮੁਆਫ਼ੀ ਮੰਗਣ ਤੋਂ ਕੇਵਲ ਇਸ ਗੱਲ ਨੇ ਰੋਕ ਰੱਖਿਆ ਹੈ ਕਿ ਉਹ ਚਾਹੁੰਦੇ ਹਨ ਕਿ ਪਹਿਲੀਆਂ ਕੌਮਾਂ ਨਾਲ ਜਿਹੜਾ ਕੁਝ ਬੀਤ ਚੁੱਕਿਆ ਹੈ (ਭਾਵ ਅਜ਼ਾਬ) ਉਹ ਕੁੱਝ ਇਹਨਾਂ ਨਾਲ ਵੀ ਵਾਪਰੇ ਜਾਂ ਇਹਨਾਂ ਦੇ ਸਾਹਮਣੇ ਵੀ ਉਹੀਓ ਅਜ਼ਾਬ ਆਵੇ।

وَمَا نُرْسِلُ الْمُرْسَلِينَ إِلَّا مُبَشِّرِينَ وَمُنْذِرِينَ ۚ
وَيُجَادِلُ الَّذِينَ كَفَرُوا بِالْبَاطِلِ لِيُدْحِضُوا
بِهِ الْحَقَّ ۖ وَاتَّخَذُوا آيَاتِي وَمَا أُنْذِرُوا هُزُوًا ﴿٥٦﴾

56. ਅਸੀਂ ਰਸੂਲਾਂ ਨੂੰ ਕੇਵਲ ਇਸ ਲਈ ਭੇਜਦੇ ਹਾਂ ਕਿ ਉਹ (ਲੋਕਾਂ ਨੂੰ ਸਵਰਗਾਂ ਦੀਆਂ) ਖ਼ੁਸ਼ਖ਼ਬਰੀਆਂ ਸੁਣਾਉਣ ਅਤੇ (ਨਰਕ ਦੇ ਅਜ਼ਾਬ ਤੋਂ) ਡਰਾਉਣ, ਪਰ ਕਾਫ਼ਿਰ ਲੋਕ ਝੂਠ ਦੇ ਹਥਿਆਰ ਨਾਲ ਝਗੜਦੇ

ਹਨ ਤਾਂ ਜੋ ਇਸ ਦੇ ਨਾਲ ਸੱਚ ਨੂੰ ਸੱਟ ਮਾਰੀ ਜਾਵੇ, ਉਹਨਾਂ ਨੇ ਸਾਡੀਆਂ ਆਇਤਾਂ (ਆਦੇਸ਼ਾਂ) ਨੂੰ ਅਤੇ ਜਿਸ ਚੀਜ਼ (ਅਜ਼ਾਬ) ਤੋਂ ਡਰਾਇਆ ਜਾਂਦਾ ਹੈ, ਉਹਨਾਂ ਨੇ ਉਸੇ ਦਾ ਹੀ ਮਖੌਲ ਬਣਾ ਲਿਆ।

وَمَنْ أَظْلَمُ مِمَّنْ ذُكِّرَ بِآيَاتِ رَبِّهِ فَأَعْرَضَ عَنْهَا وَنَسِيَ مَا قَدَّمَتْ يَدَاهُ ۚ إِنَّا جَعَلْنَا عَلَىٰ قُلُوبِهِمْ أَكِنَّةً أَنْ يَفْقَهُوهُ وَفِي آذَانِهِمْ وَقْرًا ۖ وَإِنْ تَدْعُهُمْ إِلَى الْهُدَىٰ فَلَنْ يَهْتَدُوا إِذًا أَبَدًا ۝٥٧

57 ਉਸ ਤੋਂ ਵੱਧ ਜ਼ਾਲਮ ਕੌਣ ਹੈ ਜਿਸ ਨੂੰ ਉਸ ਦੇ ਰੱਬ ਦੀਆਂ ਆਇਤਾਂ (ਕੁਰਆਨ) ਰਾਹੀਂ ਨਸੀਹਤ ਕੀਤੀ ਜਾਵੇ, ਉਹ ਫੇਰ ਵੀ ਮੂੰਹ ਮੋੜ ਲਵੇ ਅਤੇ ਜੋ ਵੀ ਉਸ ਦੇ ਹੱਥਾਂ ਨੇ ਅੱਗੇ ਭੇਜਿਆ ਹੈ ਉਹ ਉਸ ਨੂੰ ਭੁਲ ਜਾਵੇ। ਬੇਸ਼ੱਕ ਅਸੀਂ ਉਹਨਾਂ ਦੇ ਦਿਲਾਂ 'ਤੇ ਪਰਦਾ ਪਾ ਛੱਡਿਆ ਹੈ ਕਿ ਉਸ (ਕੁਰਆਨ) ਨੂੰ ਨਾ-ਸਮਝਣ ਅਤੇ ਉਹਨਾਂ ਦੇ ਕੰਨਾਂ ਵਿਚ ਡਾਟ ਪਾ ਦਿੱਤੇ ਹਨ (ਕਿ ਉਹ ਸੁਣ ਨਾ ਸਕਣ)। (ਹੇ ਮੁਹੰਮਦ ਸ:!) ਭਾਵੇਂ ਤੁਸੀਂ ਉਹਨਾਂ ਨੂੰ ਕਿੰਨਾ ਹੀ ਹਿਦਾਇਤ ਵੱਲ ਸੱਦੋ ਪਰ ਉਹ ਇਹ ਫੇਰ ਵੀ ਹਿਦਾਇਤ ਨਹੀਂ ਪਾਉਣਗੇ

وَرَبُّكَ الْغَفُورُ ذُو الرَّحْمَةِ ۖ لَوْ يُؤَاخِذُهُمْ بِمَا كَسَبُوا لَعَجَّلَ لَهُمُ الْعَذَابَ ۚ بَلْ لَهُمْ مَوْعِدٌ لَنْ يَجِدُوا مِنْ دُونِهِ مَوْئِلًا ۝٥٨

58. ਤੁਹਾਡਾ ਰੱਬ ਅਤਿਅੰਤ ਬਖ਼ਸ਼ਣਹਾਰ ਤੇ ਰਹਿਮਤਾਂ ਵਾਲਾ ਹੈ। ਜੇ ਉਹ ਉਹਨਾਂ (ਪਾਪੀਆਂ) ਦੀਆਂ ਕਰਤੂਤਾਂ ਉੱਤੇ ਫੜਨਾ ਚਾਹੇ ਤਾਂ ਉਹਨਾਂ ਨੂੰ ਤਾਂ ਬਹੁਤ ਹੀ ਛੇਤੀ ਅਜ਼ਾਬ ਆ ਜਾਵੇ। ਪਰ ਉਹਨਾਂ ਨਾਲ (ਕਿਆਮਤ ਦੇ) ਵਾਅਦੇ ਦਾ ਸਮਾਂ ਨਿਯਤ ਕੀਤਾ ਹੋਇਆ ਹੈ। ਉਹ ਇਸ (ਦਿਹਾੜੇ) ਤੋਂ ਬਚਣ ਲਈ ਕੋਈ ਵੀ ਸ਼ਰਨ ਅਸਥਾਨ ਨਹੀਂ ਪਾਉਣਗੇ।

وَتِلْكَ الْقُرَىٰ أَهْلَكْنَاهُمْ لَمَّا ظَلَمُوا وَجَعَلْنَا لِمَهْلِكِهِمْ مَوْعِدًا ۝٥٩

59. ਇਹ ਹਨ ਉਹ ਬਸਤੀਆਂ ਜਿਨ੍ਹਾਂ ਨੂੰ ਅਸੀਂ ਉਦੋਂ ਹਲਾਕ ਕੀਤਾ ਸੀ ਜਦੋਂ ਉਹਨਾਂ ਨੇ ਅੱਤਿਆਚਾਰ ਕੀਤੇ ਸੀ, ਅਸਾਂ ਉਹਨਾਂ ਦੀ ਬਰਬਾਦੀ ਲਈ ਇਕ ਸਮਾਂ ਨਿਯਤ ਕਰ ਰੱਖਿਆ ਸੀ।

60. (ਹੇ ਨਬੀ, ਯਾਦ ਕਰੋ) ਜਦੋਂ ਮੂਸਾ ਨੇ ਆਪਣੇ ਸਾਥੀ (ਯੂਸ਼ਅ ਬਿਨ ਨੂਨ) ਨੂੰ ਆਖਿਆ ਸੀ ਕਿ ਮੈਂ ਤਾਂ ਉਦੋਂ ਤਕ ਤੁਰਦਾ ਹੀ ਰਹਾਂਗਾ ਜਦੋਂ ਤੀਕ ਕਿ ਦੋ ਦਰਿਆਵਾਂ ਦੇ ਸੰਗਮ[1] 'ਤੇ ਨਾ ਪਹੁੰਚ ਜਾਵਾਂ, ਭਾਵੇਂ ਮੈਨੂੰ ਸਾਲਾਂ ਸਾਲ ਹੀ ਕਿਉਂ ਨਾ ਤੁਰਨਾ ਪਵੇ।

وَإِذْ قَالَ مُوسَىٰ لِفَتَاهُ لَا أَبْرَحُ حَتَّىٰ أَبْلُغَ
مَجْمَعَ الْبَحْرَيْنِ أَوْ أَمْضِيَ حُقُبًا ٦٠

61. ਜਦੋਂ ਉਹ ਦੋਵੇਂ ਦਰਿਆਵਾਂ ਦੇ ਸੰਗਮ 'ਤੇ ਪਹੁੰਚੇ ਉੱਥੇ ਉਹ ਆਪਣੀ ਮੱਛੀ ਭੁੱਲ ਗਏ ਅਤੇ ਉਹ (ਮੱਛੀ) ਦਰਿਆ ਵਿਚ ਦੀ ਇਕ ਸੁਰੰਗ ਵਾਂਗ ਰਾਹ ਬਣਾ ਕੇ ਚਲੀ ਗਈ।

فَلَمَّا بَلَغَا مَجْمَعَ بَيْنِهِمَا نَسِيَا حُوتَهُمَا
فَاتَّخَذَ سَبِيلَهُ فِي الْبَحْرِ سَرَبًا ٦١

62. ਜਦੋਂ ਉਹ ਦੋਵੇਂ ਉੱਥੋਂ ਅੱਗੇ ਤੁਰੇ ਤਾਂ ਮੂਸਾ ਨੇ ਆਪਣੇ ਸਾਥੀ ਨੂੰ ਆਖਿਆ ਕਿ ਲਿਆ ਸਾਡਾ ਨਾਸ਼ਤਾ। ਅਸੀਂ ਤਾਂ ਇਸ ਸਫ਼ਰ ਤੋਂ ਬੁਰੀ ਤਰ੍ਹਾਂ ਥੱਕ ਗਏ ਹਾਂ।

فَلَمَّا جَاوَزَا قَالَ لِفَتَاهُ آتِنَا غَدَاءَنَا
لَقَدْ لَقِينَا مِنْ سَفَرِنَا هَٰذَا نَصَبًا ٦٢

63. ਉਸ (ਸਾਥੀ) ਨੇ ਆਖਿਆ, ਕੀ ਤੁਸੀਂ ਵੇਖਿਆ ਸੀ ਜਦੋਂ ਅਸੀਂ ਇਕ ਚੱਟਾਨ ਲਾਗੇ ਰੁਕੇ ਸਾਂ, ਤਾਂ ਮੈਂ ਉੱਥੇ ਹੀ ਮੱਛੀ ਨੂੰ ਭੁੱਲ ਆਇਆ ਤੇ ਸ਼ੈਤਾਨ ਨੇ ਮੈਨੂੰ ਭੁਲਾ ਦਿੱਤਾ ਕਿ ਮੈਂ ਤੁਹਾਨੂੰ ਇਸ ਦੀ ਖ਼ਬਰ ਦਿੰਦਾ, ਉਹ (ਮੱਛੀ) ਤਾਂ ਬੜੇ ਹੀ ਅਜੀਬ ਢੰਗ ਨਾਲ ਦਰਿਆ ਵਿਚ ਰਸਤਾ ਬਣਾ ਕੇ ਚਲੀ ਗਈ।

قَالَ أَرَأَيْتَ إِذْ أَوَيْنَا إِلَى الصَّخْرَةِ فَإِنِّي نَسِيتُ
الْحُوتَ وَمَا أَنْسَانِيهُ إِلَّا الشَّيْطَانُ أَنْ أَذْكُرَهُ ۚ
وَاتَّخَذَ سَبِيلَهُ فِي الْبَحْرِ عَجَبًا ٦٣

64. ਮੂਸਾ ਨੇ ਆਖਿਆ, ਇਹੋ ਥਾਂ ਤਾਂ ਅਸੀਂ ਚਾਹੁੰਦੇ ਸੀ। ਫੇਰ ਉਹ ਆਪਣੇ ਪੈਰਾਂ ਦੇ ਨਿਸ਼ਾਨ ਵੇਖਦੇ ਹੋਏ (ਉਸੇ ਥਾਂ) ਮੁੜ ਆਏ।

قَالَ ذَٰلِكَ مَا كُنَّا نَبْغِ ۚ فَارْتَدَّا عَلَىٰ
آثَارِهِمَا قَصَصًا ٦٤

---

[1] ਇਸ ਸੰਬੰਧ ਵਿਚ ਦੱਸਿਆ ਗਿਆ ਸੀ ਕਿ ਇਸੇ ਥਾਂ ਹਜ਼ਰਤ ਮੂਸਾ ਅਤੇ ਹਜ਼ਰਤ ਖ਼ਿਜ਼ਰ (ਅ:) ਦੀ ਮਿਲਣੀ ਹੋਣੀ ਸੀ। ਵਿਸਥਾਰ ਨਾਲ ਵੇਖਣ ਲਈ ਵੇਖੋ ਸਹੀ ਬੁਖ਼ਾਰੀ, ਹਦੀਸ: 4725

فَوَجَدَا عَبْدًا مِّنْ عِبَادِنَآ ءَاتَيْنَٰهُ رَحْمَةً
مِّنْ عِندِنَا وَعَلَّمْنَٰهُ مِن لَّدُنَّا عِلْمًا ﴿٦٥﴾

65. ਉੱਥੇ ਉਹਨਾਂ ਨੇ ਸਾਡੇ ਬੰਦਿਆਂ ਵਿੱਚੋਂ ਇਕ ਬੰਦਾ (ਖ਼ਿਜ਼ਰ ਨੂੰ) ਵੇਖਿਆ, ਜਿਸ ਨੂੰ ਅਸੀਂ ਆਪਣੇ ਵੱਲੋਂ ਮਿਹਰਾਂ ਨਾਲ ਨਿਵਾਜ਼ਿਆ ਸੀ ਅਤੇ ਉਸ ਨੂੰ ਆਪਣੇ ਵੱਲੋਂ ਇਕ ਵਿਸ਼ੇਸ਼ ਗਿਆਨ ਵੀ ਬਖ਼ਸ਼ਿਆ।

قَالَ لَهُۥ مُوسَىٰ هَلْ أَتَّبِعُكَ عَلَىٰٓ أَن تُعَلِّمَنِ
مِمَّا عُلِّمْتَ رُشْدًا ﴿٦٦﴾

66. ਮੂਸਾ ਨੇ ਉਸ (ਖ਼ਿਜ਼ਰ) ਨੂੰ ਪੁੱਛਿਆ, ਕੀ ਮੈਂ ਤੁਹਾਡੇ ਸੰਗ ਰਹਿ ਸਕਦਾ ਹਾਂ ਕਿ ਤੁਸੀਂ ਮੈਨੂੰ ਵੀ ਉਸ ਗਿਆਨ ਵਿੱਚੋਂ ਸਿਖਾਓ ਜਿਹੜੀ ਭਲਾਈ (ਹਿਕਮਤ) ਤੁਹਾਨੂੰ ਸਿਖਾਈ ਗਈ ਹੈ?

قَالَ إِنَّكَ لَن تَسْتَطِيعَ مَعِىَ صَبْرًا ﴿٦٧﴾

67. ਉਸ (ਖ਼ਿਜ਼ਰ) ਨੇ ਆਖਿਆ ਕਿ ਤੁਸੀਂ ਮੇਰੇ ਸੰਗ (ਰਹਿ ਕੇ) ਸਬਰ ਨਹੀਂ ਕਰ ਸਕਦੇ।

وَكَيْفَ تَصْبِرُ عَلَىٰ مَا لَمْ تُحِطْ بِهِۦ خُبْرًا ﴿٦٨﴾

68. ਅਤੇ ਜਿਸ ਚੀਜ਼ ਦਾ ਤੁਹਾਨੂੰ ਗਿਆਨ ਹੀ ਨਾ ਹੋਵੇ ਉਸ 'ਤੇ ਸਬਰ ਹੋ ਵੀ ਕਿਵੇਂ ਸਕਦਾ ਹੈ?

قَالَ سَتَجِدُنِىٓ إِن شَآءَ ٱللَّهُ صَابِرًا وَلَآ أَعْصِى
لَكَ أَمْرًا ﴿٦٩﴾

69. ਮੂਸਾ ਨੇ ਕਿਹਾ ਕਿ "ਇੰਸ਼ਾ ਅੱਲਾਹ" (ਰੱਬ ਨੇ ਚਾਹਿਆ), ਤੁਸੀਂ ਮੈਨੂੰ ਸਬਰ ਕਰਨ ਵਾਲਿਆਂ ਵਿੱਚੋਂ ਪਾਓਗੇ ਅਤੇ ਮੈਂ ਕਿਸੇ ਵੀ ਗੱਲ ਵਿਚ ਤੁਹਾਡੀ ਨਾ-ਫ਼ਰਮਾਨੀ ਨਹੀਂ ਕਰਾਂਗਾ।

قَالَ فَإِنِ ٱتَّبَعْتَنِى فَلَا تَسْـَٔلْنِى عَن شَىْءٍ
حَتَّىٰٓ أُحْدِثَ لَكَ مِنْهُ ذِكْرًا ﴿٧٠﴾

70. ਉਸ (ਖ਼ਿਜ਼ਰ) ਨੇ ਕਿਹਾ ਕਿ ਚੰਗਾ ਜੇ ਤੁਸੀਂ ਮੇਰੇ ਨਾਲ ਚੱਲਣ ਲਈ ਜ਼ਿੱਦ ਕਰਦੇ ਹੋ ਤਾਂ ਯਾਦ ਰੱਖੋ ਕਿ ਕਿਸੇ ਵੀ ਚੀਜ਼ ਪ੍ਰਤੀ ਮੈਥੋਂ ਨਾ ਪੁੱਛਣਾ ਜਦੋਂ ਤੀਕ ਮੈਂ ਆਪ ਹੀ ਉਸ ਬਾਰੇ ਤੁਹਾਡੇ ਨਾਲ ਕੋਈ ਚਰਚਾ ਨਾ ਕਰਾਂ।

فَٱنطَلَقَا حَتَّىٰٓ إِذَا رَكِبَا فِى ٱلسَّفِينَةِ خَرَقَهَا ۖ
قَالَ أَخَرَقْتَهَا لِتُغْرِقَ أَهْلَهَا لَقَدْ جِئْتَ
شَيْـًٔا إِمْرًا ﴿٧١﴾

71. ਫੇਰ ਉਹ ਦੋਵੇਂ (ਮੂਸਾ ਤੇ ਖ਼ਿਜ਼ਰ) ਤੁਰ ਪਏ, ਇੱਥੋਂ ਤਕ ਕਿ ਉਹ ਇਕ ਕਿਸ਼ਤੀ 'ਤੇ ਸਵਾਰ ਹੋ ਗਏ ਤਾਂ ਉਸ (ਖ਼ਿਜ਼ਰ) ਨੇ ਕਿਸ਼ਤੀ ਦੇ ਤਖ਼ਤੇ ਤੋੜ

ਦਿੱਤੇ (ਛਾਬ ਛੇਕ ਕਰ ਦਿੱਤਾ)। ਮੂਸਾ ਨੇ ਕਿਹਾ, ਕੀ ਤੁਸੀਂ ਇਸ ਨੂੰ ਇਸ ਲਈ ਤੋੜ ਰਹੇ ਹੋ ਤਾਂ ਜੋ ਕਿਸ਼ਤੀ ਦੇ ਸਵਾਰ ਡੁੱਬ ਜਾਣ? ਇਹ ਤਾਂ ਤੁਸੀਂ ਇਕ ਭਿਆਨਕ ਕੰਮ ਕੀਤਾ ਹੈ।

72 ਉਸ (ਖ਼ਿਜ਼ਰ) ਨੇ ਕਿਹਾ ਕਿ ਮੈਂ ਤਾਂ ਪਹਿਲਾਂ ਹੀ ਕਹਿੰਦਾ ਸੀ ਕਿ ਤੁਸੀਂ (ਮੂਸਾ) ਮੇਰੇ ਨਾਲ (ਰਹਿ ਕੇ) ਸਬਰ ਨਹੀਂ ਕਰ ਸਕਦੇ।

قَالَ أَلَمْ أَقُلْ إِنَّكَ لَن تَسْتَطِيعَ مَعِيَ صَبْرًا ٧٢

73 (ਮੂਸਾ ਨੇ) ਕਿਹਾ ਕਿ ਮੇਰੀ ਭੁੱਲ ਚੁੱਕ 'ਤੇ ਮੇਰੀ ਪਕੜ* ਨਾ ਕਰੋ ਅਤੇ ਮੇਰੇ ਬਾਰੇ ਇੰਨੀ ਕਰੜਾਈ ਤੋਂ ਕੰਮ ਨਾ ਲਓ।

قَالَ لَا تُؤَاخِذْنِي بِمَا نَسِيتُ وَلَا تُرْهِقْنِي مِنْ أَمْرِي عُسْرًا ٧٣

74 ਫੇਰ ਉਹ ਦੋਵੇਂ ਤੁਰ ਪਏ ਇੱਥੋਂ ਤਕ ਕਿ ਉਹਨਾਂ ਨੂੰ ਇਕ ਬਾਲਕ ਮਿਲਿਆ ਉਸ (ਖ਼ਿਜ਼ਰ) ਨੇ ਉਸ ਨੂੰ ਮਾਰ ਦਿੱਤਾ ਮੂਸਾ ਨੇ ਕਿਹਾ ਕਿ ਤੁਸੀਂ ਤਾਂ ਇਕ ਨਿਰਦੋਸ਼ ਨੂੰ ਬਿਨਾਂ ਕਿਸੇ ਕਾਰਨ ਮਾਰ ਸੁੱਟਿਆ। ਤੁਸੀਂ ਤਾਂ ਬਹੁਤ ਹੀ ਭੈੜਾ ਕੰਮ ਕੀਤਾ ਹੈ।

فَانطَلَقَا حَتَّىٰ إِذَا لَقِيَا غُلَامًا فَقَتَلَهُ قَالَ أَقَتَلْتَ نَفْسًا زَكِيَّةً بِغَيْرِ نَفْسٍ لَّقَدْ جِئْتَ شَيْئًا نُّكْرًا ٧٤

* ਇਸ ਤੋਂ ਪਤਾ ਲੱਗਦਾ ਹੈ ਕਿ ਭੁੱਲ ਚੁੱਕ ਮੁਆਫ਼ ਹੈ। ਅੱਲਾਹ ਦਾ ਫ਼ਰਮਾਨ ਹੈ ਕਿ ਜੇ ਤੁਸੀਂ ਭੁੱਲ ਚੁੱਕ ਨਾਲ਼ ਕੋਈ ਗ਼ਲਤੀ ਕਰ ਜਾਓ ਤਾਂ ਤੁਹਾਡੇ 'ਤੇ ਕੋਈ ਦੋਸ਼ ਨਹੀਂ (ਵੇਖੋ ਸੂਰਤ ਅਲ ਅਹਜ਼ਾਬ, ਹਾਸ਼ੀਆ ਆਇਤ 5/33)। ਇਸੇ ਤਰ੍ਹਾਂ ਦਿਲਾਂ ਵਿਚ ਪੈਦਾ ਹੋਣ ਵਾਲੇ ਵਸਵਸੇ ਵੀ ਮੁਆਫ਼ ਹਨ। ਨਬੀ (ਸ.) ਨੂੰ ਫ਼ਰਮਾਇਆ "ਮੇਰੇ ਉੱਮਤੀਆਂ ਦੇ ਦਿਲਾਂ ਵਿਚ ਜਿਹੜੇ ਵਸਵਸੇ ਤੇ ਵਿਚਾਰ ਆਉਂਦੇ ਹਨ ਅੱਲਾਹ ਨੇ ਉਹਨਾਂ ਨੂੰ ਮੁਆਫ਼ ਕਰ ਦਿੱਤਾ ਹੈ"। (ਸਹੀ ਬੁਖ਼ਾਰੀ, ਹਦੀਸ: 6664)

75 ਉਹ (ਖ਼ਿਜ਼ਰ) ਕਹਿਣ ਲੱਗਿਆ ਕਿ ਮੈਂ ਨੇ ਤੁਹਾਨੂੰ ਕਿਹਾ ਨਹੀਂ ਸੀ ਕਿ ਤੁਸੀਂ ਮੇਰੇ ਸੰਗ ਰਹਿ ਕੇ ਸਬਰ ਨਹੀਂ ਕਰ ਸਕਦੇ।

قَالَ أَلَمْ أَقُل لَّكَ إِنَّكَ لَن تَسْتَطِيعَ
مَعِيَ صَبْرًا ٧٥

76. (ਮੂਸਾ ਨੇ) ਕਿਹਾ ਕਿ ਜੇ ਇਸ ਤੋਂ ਬਾਅਦ ਮੈਂ ਤੁਹਾਥੋਂ ਕੋਈ ਸਵਾਲ ਕਰਾਂ ਤਾਂ ਬੇਸ਼ੱਕ ਤੁਸੀਂ ਮੈਨੂੰ ਆਪਣੇ ਸੰਗ ਨਾ ਰੱਖਣਾ, ਹੁਣ ਤੁਹਾਨੂੰ ਮੇਰੇ ਵੱਲੋਂ ਪੂਰੀ ਛੂਟ ਮਿਲ ਗਈ ਹੈ।

قَالَ إِن سَأَلْتُكَ عَن شَيْءٍ بَعْدَهَا فَلَا
تُصَاحِبْنِي ۖ قَدْ بَلَغْتَ مِن لَّدُنِّي عُذْرًا ٧٦

77. ਫੇਰ ਉਹ ਦੋਵੇਂ ਇਕ ਬਸਤੀ ਵਿਚ ਪਹੁੰਚੇ ਅਤੇ ਉਹਨਾਂ ਤੋਂ ਭੋਜਨ ਮੰਗਿਆ ਪਰ ਬਸਤੀ ਵਾਲਿਆਂ ਨੇ ਉਹਨਾਂ ਦੀ ਮਹਿਮਾਨਦਾਰੀ ਕਰਨ ਤੋਂ ਇਨਕਾਰ ਕਰ ਦਿੱਤਾ। ਉਹਨਾਂ ਦੋਵਾਂ ਨੇ ਉੱਥੇ (ਬਸਤੀ ਵਿਚ) ਇਕ ਕੰਧ ਵੇਖੀ ਜਿਹੜੀ ਡਿਗਣ ਵਾਲੀ ਸੀ। ਉਸ (ਖ਼ਿਜ਼ਰ) ਨੇ ਉਸ ਕੰਧ ਨੂੰ ਸਿੱਧਾ ਕਰ ਦਿੱਤਾ। ਮੂਸਾ ਨੇ ਆਖਿਆ ਕਿ ਜੇ ਤੁਸੀਂ ਚਾਹੁੰਦੇ ਤਾਂ ਇਸ ਦੀ ਮਜ਼ਦੂਰੀ ਲੈ ਸਕਦੇ ਸੀ।

فَانطَلَقَا حَتَّىٰ إِذَا أَتَيَا أَهْلَ قَرْيَةٍ اسْتَطْعَمَا
أَهْلَهَا فَأَبَوْا أَن يُضَيِّفُوهُمَا فَوَجَدَا فِيهَا
جِدَارًا يُرِيدُ أَن يَنقَضَّ فَأَقَامَهُ ۖ قَالَ
لَوْ شِئْتَ لَتَّخَذْتَ عَلَيْهِ أَجْرًا ٧٧

78. ਉਸ (ਖ਼ਿਜ਼ਰ) ਨੇ ਕਿਹਾ ਕਿ ਬਸ ਹੁਣ ਤੇਰੇ ਤੇ ਮੇਰੇ ਵਿਚਕਾਰ ਜੁਦਾਈ ਹੈ। ਹੁਣ ਮੈਂ ਤੁਹਾਨੂੰ ਉਹਨਾਂ ਗੱਲਾਂ ਦੀ ਹਕੀਕਤ ਵੀ ਦੱਸ ਦੇਵਾਂ ਜਿਨ੍ਹਾਂ ਬਾਰੇ ਤੁਸੀਂ ਸਬਰ ਨਹੀਂ ਸੀ ਕਰ ਸਕੇ।

قَالَ هَٰذَا فِرَاقُ بَيْنِي وَبَيْنِكَ ۚ سَأُنَبِّئُكَ
بِتَأْوِيلِ مَا لَمْ تَسْتَطِع عَّلَيْهِ صَبْرًا ٧٨

79. ਉਹ ਕਿਸ਼ਤੀ ਤਾਂ ਕੁੱਝ ਉਹਨਾਂ ਮਸਕੀਨਾਂ ਦੀ ਸੀ ਜਿਹੜੇ ਦਰਿਆ ਵਿਚ ਮਿਹਨਤ ਮਜ਼ਦੂਰੀ ਕਰਦੇ ਸਨ। ਮੈਂ ਨੇ ਉਸ (ਕਿਸ਼ਤੀ) ਵਿਚ ਇਹ ਸਚ ਕੇ ਤੋੜ ਫੋੜ ਕੀਤੀ ਸੀ ਕਿਉਂ ਜੋ ਉਸ (ਦਰਿਆ) ਤੋਂ ਅੱਗੇ ਇਕ ਬਾਦਸ਼ਾਹ ਸੀ ਜਿਹੜਾ ਹਰੇਕ ਕਿਸ਼ਤੀ ਨੂੰ ਆਪਣੇ ਕਬਜ਼ੇ ਵਿਚ ਕਰ ਲੈਂਦਾ ਸੀ।

أَمَّا السَّفِينَةُ فَكَانَتْ لِمَسَاكِينَ يَعْمَلُونَ فِي
الْبَحْرِ فَأَرَدتُّ أَنْ أَعِيبَهَا وَكَانَ وَرَاءَهُم
مَّلِكٌ يَأْخُذُ كُلَّ سَفِينَةٍ غَصْبًا ٧٩

80. ਅਤੇ ਜਿਹੜਾ ਉਹ ਬਾਲਕ ਸੀ ਤਾਂ ਉਸ ਦੇ ਮਾਤਾ ਪਿਤਾ ਮੋਮਿਨ ਸਨ। ਅਸੀਂ ਇਸ ਗੱਲ ਤੋਂ ਡਰ ਗਏ ਕਿ ਉਹ ਆਪਣੀ ਸਰਕਸ਼ੀ ਤੇ ਕੁਫ਼ਰ ਕਾਰਨ ਉਹਨਾਂ ਨੂੰ ਗੁਨਾਹ ਕਰਨ 'ਤੇ ਮਜਬੂਰ ਕਰੇਗਾ।

وَأَمَّا الْغُلَامُ فَكَانَ أَبَوَاهُ مُؤْمِنَيْنِ
فَخَشِينَا أَن يُرْهِقَهُمَا طُغْيَانًا وَكُفْرًا ﴿٨٠﴾

81. ਸੋ ਅਸੀਂ ਚਾਹਿਆ ਕਿ ਉਹਨਾਂ ਦਾ ਰੱਬ ਇਸ (ਸਰਕਸ਼ ਬਾਲਕ) ਦੇ ਬਦਲੇ ਵਿਚ ਉਹਨਾਂ ਨੂੰ ਅਜਿਹੀ ਔਲਾਦ ਦੇਵੇ ਜਿਹੜੀ ਉਸ ਨਾਲੋਂ ਚਰਿੱਤਰ ਪੱਖੋਂ ਵੀ ਚੰਗਾ ਹੋਵੇ ਅਤੇ ਪਿਆਰ ਮੁਹੱਬਤ ਵਿਚ ਵੀ ਨੇੜਤਾ ਰੱਖਦਾ ਹੋਵੇ।

فَأَرَدْنَا أَن يُبْدِلَهُمَا رَبُّهُمَا خَيْرًا مِّنْهُ زَكَاةً
وَأَقْرَبَ رُحْمًا ﴿٨١﴾

82 ਜਿਹੜੀ ਉਹ ਕੰਧ ਸੀ ਉਹ ਉਸ ਬਸਤੀ ਦੇ ਦੋ ਯਤੀਮ ਬਾਲਕਾਂ ਦੀ ਸੀ, ਜਿਸ ਦੇ ਹੇਠ ਉਹਨਾਂ ਦਾ ਇਕ ਖ਼ਜ਼ਾਨਾ (ਦੱਬਿਆ ਹੋਇਆ) ਸੀ ਉਹਨਾਂ ਦਾ ਪਿਓ ਇਕ ਨੇਕ ਪੁਰਖ ਸੀ। ਸੋ ਤੇਰੇ ਰੱਬ ਨੇ ਚਾਹਿਆ ਕਿ ਉਹ ਦੋਵੇਂ ਬੱਚੇ ਆਪਣੀ ਜਵਾਨੀ ਨੂੰ ਪਹੁੰਚਣ ਅਤੇ ਤੇਰੇ ਰੱਬ ਦੀ ਮਿਹਰਾਂ ਸਦਕੇ ਆਪਣਾ ਖ਼ਜ਼ਾਨਾ ਕੱਢ ਲੈਣ। ਇਹ ਸਭ ਮੈਂਨੇ ਆਪਣੀ ਸੋਚ ਨਾਲ ਨਹੀਂ ਸੀ ਕੀਤਾ। ਇਹ ਹੈ ਹਕੀਕਤ ਉਹਨਾਂ ਗੱਲਾਂ ਦੀ ਜਿਨ੍ਹਾਂ 'ਤੇ ਤੁਸੀਂ ਸਬਰ ਨਹੀਂ ਕਰ ਸਕੇ।

وَأَمَّا الْجِدَارُ فَكَانَ لِغُلَامَيْنِ يَتِيمَيْنِ فِي الْمَدِينَةِ
وَكَانَ تَحْتَهُ كَنزٌ لَّهُمَا وَكَانَ أَبُوهُمَا صَالِحًا فَأَرَادَ
رَبُّكَ أَن يَبْلُغَا أَشُدَّهُمَا وَيَسْتَخْرِجَا كَنزَهُمَا
رَحْمَةً مِّن رَّبِّكَ ۚ وَمَا فَعَلْتُهُ عَنْ أَمْرِي ۚ ذَٰلِكَ
تَأْوِيلُ مَا لَمْ تَسْطِع عَّلَيْهِ صَبْرًا ﴿٨٢﴾

83. (ਹੇ ਨਬੀ!) ਇਹ (ਮੱਕੇ ਦੇ) ਲੋਕ ਤੁਹਾਥੋਂ ਜ਼ੁਲ-ਕਰਨੈਨ ਬਾਰੇ ਪੁੱਛਦੇ ਹਨ। ਤੁਸੀਂ ਕਹਿ ਦਿਓ ਕਿ ਛੇਤੀ ਹੀ ਮੈਂ ਤੁਹਾਡੇ ਸਾਹਮਣੇ ਇਸ ਦੀ ਚਰਚਾ ਕਰਾਂਗੇ।

وَيَسْأَلُونَكَ عَن ذِي الْقَرْنَيْنِ ۖ قُلْ سَأَتْلُو
عَلَيْكُم مِّنْهُ ذِكْرًا ﴿٨٣﴾

84. ਬੇਸ਼ੱਕ ਅਸੀਂ ਉਸ ਨੂੰ ਧਰਤੀ ਦੀ ਰਾਜ ਸੱਤਾ ਬਖ਼ਸ਼ੀ ਅਤੇ ਉਸ ਨੂੰ ਹਰ ਪ੍ਰਕਾਰ ਦੇ ਸਾਧਨਾਂ ਤੋਂ ਵੀ ਨਿਵਾਜ਼ਿਆ ਸੀ।

إِنَّا مَكَّنَّا لَهُ فِي الْأَرْضِ وَآتَيْنَاهُ مِن
كُلِّ شَيْءٍ سَبَبًا ﴿٨٤﴾

85 ਉਹ ਇਕ ਮੁਹਿਮ 'ਤੇ ਤੁਰ ਪਿਆ।

فَأَتْبَعَ سَبَبًا ﴿٨٥﴾

86 ਇਥੋਂ ਤੀਕ ਕਿ ਉਹ ਸੂਰਜ ਡੁੱਬਣ ਵਾਲੀ ਥਾਂ ਪਹੁੰਚ ਗਿਆ ਉਸ ਨੇ ਵੇਖਿਆ ਕਿ ਉਹ (ਸੂਰਜ) ਕਾਲੇ ਪਾਣੀ ਵਿਚ ਡੁਬ ਰਿਹਾ ਹੈ ਅਤੇ ਉੱਥੇ ਇਕ ਕੌਮ ਵੇਖੀ। ਅਸੀਂ ਆਖਿਆ ਕਿ ਹੇ ਜ਼ੁਲ ਕੁਰਨੈਨ

ਤੈਨੂੰ ਅਧਿਕਾਰ ਹੈ ਕਿ ਭਾਵੇਂ ਤੂੰ ਇਹਨਾਂ ਨੂੰ ਦੰਡਿਤ ਕਰ ਭਾਵੇਂ ਵਧੀਆ ਵਿਵਹਾਰ ਕਰ।

حَتَّىٰ إِذَا بَلَغَ مَغْرِبَ الشَّمْسِ وَجَدَهَا تَغْرُبُ فِي عَيْنٍ حَمِئَةٍ وَوَجَدَ عِندَهَا قَوْمًا ۗ قُلْنَا يَا ذَا الْقَرْنَيْنِ إِمَّا أَن تُعَذِّبَ وَإِمَّا أَن تَتَّخِذَ فِيهِمْ حُسْنًا ﴿٨٦﴾

87. ਉਸ (ਜ਼ੁਲਕਰਨੈਨ) ਨੇ ਆਖਿਆ ਕਿ ਜਿਹੜੇ ਜ਼ਾਲਮ ਹਨ ਅਸੀਂ ਉਹਨਾਂ ਨੂੰ ਛੇਤੀ ਹੀ ਸਜ਼ਾ ਦੇਵਾਂਗੇ। ਫੇਰ ਉਹ ਆਪਣੇ ਰੱਬ ਵੱਲ ਪਰਤਾਏ ਜਾਣਗੇ ਜਿੱਥੇ ਉਹ ਉਸ ਨੂੰ ਕਰੜੀ ਸਜ਼ਾ ਦੇਵੇਗਾ।

قَالَ أَمَّا مَن ظَلَمَ فَسَوْفَ نُعَذِّبُهُ ثُمَّ يُرَدُّ إِلَىٰ رَبِّهِ فَيُعَذِّبُهُ عَذَابًا نُّكْرًا ﴿٨٧﴾

88 ਅਤੇ ਜਿਹੜਾ ਕੋਈ ਈਮਾਨ ਲਿਆਵੇ ਤੇ ਅਮਲ ਵੀ ਨੇਕ ਕਰੇ, ਉਹਨਾਂ ਲਈ ਅੱਲਾਹ ਕੋਲ ਸੋਹਣਾ ਬਦਲਾ ਹੈ ਅਤੇ ਅਸੀਂ ਵੀ ਆਪਣੇ ਕੰਮਾਂ ਲਈ ਉਹਨਾਂ ਨੂੰ ਸੁਖਾਲੇ ਆਦੇਸ਼ ਦਿਆਂਗੇ।

وَأَمَّا مَنْ آمَنَ وَعَمِلَ صَالِحًا فَلَهُ جَزَاءً الْحُسْنَىٰ ۖ وَسَنَقُولُ لَهُ مِنْ أَمْرِنَا يُسْرًا ﴿٨٨﴾

89. ਫੇਰ ਉਹ ਇਕ ਦੂਜੀ ਮੁਹਿਮ ਦੇ ਪਿੱਛੇ ਤੁਰ ਪਿਆ।

ثُمَّ أَتْبَعَ سَبَبًا ﴿٨٩﴾

90. ਇਥੋਂ ਤੀਕ ਕਿ ਉਹ ਸੂਰਜ ਚੜ੍ਹਨ ਦੀ ਸੀਮਾ 'ਤੇ ਪਹੁੰਚ ਗਿਆ ਉਸ ਨੇ ਵੇਖਿਆ ਕਿ ਉਹ (ਸੂਰਜ) ਇਕ ਅਜਿਹੀ ਕੌਮ 'ਤੇ ਨਿਕਲ ਰਿਹਾ ਹੈ ਜਿਸ ਲਈ ਅਸੀਂ ਸੂਰਜ ਤੇ ਲੋਕਾਂ ਵਿਚਕਾਰ ਕੋਈ ਪਰਦਾ ਨਹੀਂ ਰੱਖਿਆ।

حَتَّىٰ إِذَا بَلَغَ مَطْلِعَ الشَّمْسِ وَجَدَهَا تَطْلُعُ عَلَىٰ قَوْمٍ لَّمْ نَجْعَل لَّهُم مِّن دُونِهَا سِتْرًا ﴿٩٠﴾

91 ਹਕੀਕਤ ਇਹੋ ਹੈ ਅਤੇ ਜੋ ਕੁੱਝ ਵੀ ਉਸ ਦੇ ਕੋਲ ਸੀ ਉਹ ਸਭ ਸਾਡੇ ਵਿਚਾਰ ਪੂਰਵਕ ਗਿਆਨ ਦੇ ਘੇਰੇ ਵਿਚ ਹੈ।

كَذَٰلِكَ وَقَدْ أَحَطْنَا بِمَا لَدَيْهِ خُبْرًا ﴿٩١﴾

ثُمَّ أَتْبَعَ سَبَبًا ﴿92﴾

92. ਫੇਰ ਉਹ ਇਕ ਹੋਰ ਮੁਹਿਮ ਦੇ ਪਿੱਛੇ ਤੁਰ ਪਿਆ।

حَتَّىٰ إِذَا بَلَغَ بَيْنَ السَّدَّيْنِ وَجَدَ مِن دُونِهِمَا قَوْمًا لَّا يَكَادُونَ يَفْقَهُونَ قَوْلًا ﴿93﴾

93. ਜਦੋਂ ਉਹ ਦੋ ਦੀਵਾਰਾਂ ਦੇ (ਭਾਵ ਪਹਾੜਾਂ ਦੇ) ਵਿਚਾਲੇ ਪੁੱਜਿਆ ਤਾਂ ਉਸ ਨੂੰ ਉੱਥੇ ਇਕ ਕੌਮ ਵੇਖੀ ਜਿਹੜੀ ਕੋਈ ਵੀ ਗੱਲਬਾਤ ਸਮਝਣ ਵਿਚ ਅਸਮਰਥ ਲੱਗਦੀ ਸੀ।

قَالُوا يَا ذَا الْقَرْنَيْنِ إِنَّ يَأْجُوجَ وَمَأْجُوجَ مُفْسِدُونَ فِي الْأَرْضِ فَهَلْ نَجْعَلُ لَكَ خَرْجًا عَلَىٰ أَن تَجْعَلَ بَيْنَنَا وَبَيْنَهُمْ سَدًّا ﴿94﴾

94. ਉਹ (ਕੌਮ) ਆਖਣ ਲੱਗੀ ਕਿ ਹੇ ਜ਼ੁਲ ਕਰਨੈਨ! ਯਾਜੂਜ ਮਾਜੂਜ[1] ਇਸ ਧਰਤੀ 'ਤੇ ਫ਼ਸਾਦ ਮਚਾਉਂਦੇ ਰਹਿੰਦੇ ਹਨ। ਕੀ ਅਸੀਂ ਤੇਰੇ ਲਈ ਕੁੱਝ ਧਨ ਇਕੱਠਾ ਕਰ ਲਈਏ ਤਾਂ ਜੋ ਤੂੰ ਸਾਡੇ ਤੇ ਉਹਨਾਂ ਵਿਚਾਲੇ ਇਕ ਕੰਧ ਉਸਾਰ ਦੇਵੇਂ?

قَالَ مَا مَكَّنِّي فِيهِ رَبِّي خَيْرٌ فَأَعِينُونِي بِقُوَّةٍ أَجْعَلْ بَيْنَكُمْ وَبَيْنَهُمْ رَدْمًا ﴿95﴾

95. ਉਸ (ਜ਼ੁਲਕਰਨੈਨ) ਨੇ ਕਿਹਾ ਕਿ ਮੇਰੇ ਰੱਬ ਨੇ ਜੋ ਮੈਨੂੰ ਧਨ ਦੇ ਰੱਖਿਆ ਹੈ ਉਹ ਬਥੇਰਾ ਹੈ, ਤੁਸੀਂ ਕੇਵਲ ਸਰੀਰਿਕ ਸ਼ਕਤੀ ਪੱਖੋਂ ਮੇਰੀ ਸਹਾਇਤਾ ਕਰੋ, ਫੇਰ ਮੈਂ ਤੁਹਾਡੇ ਤੇ ਉਹਨਾਂ ਵਿਚਾਲੇ ਇਕ ਮਜ਼ਬੂਤ ਬੰਨ੍ਹ ਬਣਾ ਦਿਆਂਗਾ।

---

[1] ਇਸ ਵਿਚ ਯਾਜੂਜ ਮਾਜੂਜ ਦੀ ਚਰਚਾ ਕੀਤੀ ਗਈ ਹੈ ਇਹ ਅੱਲਾਹ ਦੀ ਸਾਜੀ ਹੋਈ ਇਕ ਮਖ਼ਲੂਕ ਹੈ ਜਿਹੜੀ ਇਸ ਸਮੇਂ ਇਕ ਕੰਧ ਦੀ ਓਟ ਵਿਚ ਕੈਦ ਹੈ, ਕਿਆਮਤ ਦੇ ਨੇੜੇ ਜਦੋਂ ਅੱਲਾਹ ਚਾਹੇਗਾ ਉਸ ਕੰਧ ਵਿਚ ਗਲੀ ਕਰ ਦੇਵੇਗਾ ਅਤੇ ਇਹ ਬਾਹਰ ਆ ਜਾਵੇਗੀ ਅਤੇ ਫ਼ਸਾਦ ਫੈਲਾਉਣਗੇ। ਹਜ਼ਰਤ ਜ਼ੈਨਬ ਬਿਨਤੇ ਜਹਸ਼ (ਰਜ਼ਿ:) ਦੱਸਦੇ ਹਨ ਕਿ ਇਕ ਦਿਨ ਅੱਲਾਹ ਦੇ ਰਸੂਲ (ਸ:) ਘਬਰਾਏ ਹੋਏ ਉਹਨਾਂ ਕੋਲ ਆਏ ਅਤੇ ਆਖਣ ਲੱਗੇ ਕਿ ਅੱਲਾਹ ਤੋਂ ਛੁੱਟ ਹੋਰ ਕਿਸੇ ਨੂੰ ਵੀ ਇਹ ਅਧਿਕਾਰ ਨਹੀਂ ਕਿ ਉਸ ਦੀ ਇਬਾਦਤ ਕੀਤੀ ਜਾਵੇ। ਜਿਸ ਚੀਜ਼ ਵਿਚ ਅਰਬ ਦੀ ਬਰਬਾਦੀ ਹੈ ਉਹ ਉਹਨਾਂ ਦੇ ਨੇੜੇ ਆ ਲੱਗੀ ਹੈ। ਅੱਜ ਯਾਜੂਜ ਮਾਜੂਜ ਦੀ ਕੰਧ ਵਿਚ ਇੰਨਾ ਮਘੋਰਾ ਹੋ ਗਿਆ ਹੈ ਅਤੇ ਆਪ (ਸ:) ਨੇ ਆਪਣੇ ਅੰਗੂਠੇ ਅਤੇ ਸ਼ਹਾਦਤ ਵਾਲੀ ਭਾਵ ਅੰਗੂਠੇ ਦੇ ਨਾਲ ਦੀ ਉਂਗਲੀ ਦਾ ਘੇਰਾ ਬਣਾ ਕੇ ਦੱਸਿਆ। ਹਜ਼ਰਤ ਜ਼ੈਨਬ (ਜੋ ਕਿ ਆਪ ਸ: ਦੀ ਪਤਨੀ ਸੀ) ਦੱਸਦੀਆਂ ਹਨ ਕਿ ਮੈਂਨੇ ਪੁੱਛਿਆ ਕਿ ਹੇ ਅੱਲਾਹ ਦੇ ਰਸੂਲ! ਕੀ ਅਸੀਂ ਬਰਬਾਦ ਹੋ ਜਾਵਾਂਗੇ ਜਦ ਕਿ ਸਾਡੇ ਵਿਚਾਲੇ ਨੇਕ ਲੋਕ ਵੀ ਹਨ? ਆਪ (ਸ:) ਨੇ ਫ਼ਰਮਾਇਆ "ਹਾਂ ਜਦੋਂ ਬੁਰਾਈ ਬਹੁਤੀ ਹੀ ਵੱਧ ਜਾਵੇਗੀ" ਭਾਵ ਬਦਕਾਰੀ, ਹਰਾਮੀ ਬੱਚੇ ਅਤੇ ਹਰ ਤਰ੍ਹਾਂ ਦੀ ਅਸ਼ਲੀਲਤਾ ਵਿਚ ਵਾਧਾ ਹੋ ਜਾਵੇਗਾ। (ਸਹੀ ਬੁਖ਼ਾਰੀ, ਹਦੀਸ: 7135)

96. ਬਸ ਤੁਸੀਂ ਮੈਨੂੰ ਲੋਹੇ ਦੀਆਂ ਚੱਦਰਾਂ ਲਿਆ ਦਿਓ। ਜਦੋਂ ਉਹਨਾਂ ਨੇ ਦੋਵੇਂ ਪਹਾੜਾਂ ਦੇ ਵਿਚਕਾਰਲਾ ਖੱਪਾ (ਚਦਰਾਂ ਰਾਹੀਂ) ਬਰਾਬਰ ਕਰ ਦਿੱਤਾ ਤਾਂ ਕਿਹਾ ਕਿ ਹੁਣ ਇਸ ਵਿਚ ਅੱਗ ਸੁਲਘਾਓ। ਜਦੋਂ ਉਸ ਨੇ ਉਸ (ਲੋਹੇ ਦੀ ਚੱਦਰਾਂ) ਨੂੰ ਅੱਗ ਵਾਂਗ ਬਣਾ ਦਿੱਤਾ ਤਾਂ ਆਖਿਆ ਕਿ ਹੁਣ ਇਸ 'ਤੇ ਪਾਉਣ ਲਈ ਪੰਘੋਰਿਆ ਹੋਇਆ ਤਾਂਬਾ ਲਿਆਓ।

اٰتُوْنِيْ زُبَرَ الْحَدِيْدِ ۭ حَتّٰٓى اِذَا سَاوٰى بَيْنَ
الصَّدَفَيْنِ قَالَ انْفُخُوْا ۭ حَتّٰٓى اِذَا جَعَلَهٗ
نَارًا ۙ قَالَ اٰتُوْنِيْٓ اُفْرِغْ عَلَيْهِ قِطْرًا ۹۶

97. ਹੁਣ ਉਹ (ਯਾਜੂਜ-ਮਾਜੂਜ) ਇਸ (ਕੰਧ) 'ਤੇ ਚੜ੍ਹਣ ਦੀ ਹਿੰਮਤ ਨਹੀਂ ਸੀ ਰੱਖਦੇ ਅਤੇ ਨਾ ਹੀ ਇਸ ਵਿਚ ਸੰਨ੍ਹ ਲਾ ਸਕਦੇ ਸੀ।

فَمَا اسْطَاعُوْٓا اَنْ يَّظْهَرُوْهُ وَمَا اسْتَطَاعُوْا
لَهٗ نَقْبًا ۹۷

98. ਜ਼ੁਲਕਰਨੈਨ ਨੇ ਆਖਿਆ ਕਿ ਇਹ ਸਭ ਮੇਰੇ ਰੱਬ ਦੀ ਮਿਹਰ ਹੈ। ਹਾਂ, ਜਦੋਂ ਮੇਰੇ ਰੱਬ ਦਾ ਵਾਅਦਾ (ਕਿਆਮਤ ਦਿਹਾੜੇ ਦਾ) ਆ ਜਾਵੇਗਾ ਤਾਂ ਉਹ ਇਸ (ਕੰਧ) ਨੂੰ ਪੱਧਰ ਕਰ ਦੇਵੇਗਾ ਅਤੇ ਮੇਰੇ ਰੱਬ ਦਾ ਵਾਅਦਾ ਸੱਚਾ ਹੈ।

قَالَ هٰذَا رَحْمَةٌ مِّنْ رَّبِّيْ ۚ فَاِذَا جَاۗءَ وَعْدُ رَبِّيْ
جَعَلَهٗ دَكَّاۗءَ ۚ وَكَانَ وَعْدُ رَبِّيْ حَقًّا ۹۸

99. ਉਸ ਦਿਨ (ਕਿਆਮਤ ਦਿਹਾੜੇ) ਅਸੀਂ ਇਹਨਾਂ ਨੂੰ ਇਕ ਦੂਜੇ ਵਿਚ ਗੱਡ ਮੱਡ ਹੋਣ ਲਈ ਛੱਡ ਦਿਆਂਗੇ। ਫੇਰ ਸੂਰ (ਨਰਸਿੰਘਾ) ਵਜਾਇਆ ਜਾਵੇਗਾ ਅਤੇ ਅਸੀਂ ਇਹਨਾਂ ਸਾਰਿਆਂ (ਮਨੁੱਖਾਂ) ਨੂੰ ਇਕੱਠਾ ਕਰਾਂਗੇ।

وَتَرَكْنَا بَعْضَهُمْ يَوْمَىِٕذٍ يَّمُوْجُ فِيْ بَعْضٍ
وَّنُفِخَ فِي الصُّوْرِ فَجَمَعْنٰهُمْ جَمْعًا ۹۹

100. ਉਸ ਦਿਨ ਅਸੀਂ ਨਰਕ ਨੂੰ ਕਾਫ਼ਿਰਾਂ ਦੇ ਰੂ-ਬਰੂ ਲਿਆਵਾਂਗੇ।

وَّعَرَضْنَا جَهَنَّمَ يَوْمَىِٕذٍ لِّلْكٰفِرِيْنَ عَرْضَا ۱۰۰

101. (ਉਹਨਾਂ ਕਾਫ਼ਿਰਾਂ ਦੇ ਰੂ-ਬਰੂ) ਜਿਨ੍ਹਾਂ ਦੀਆਂ ਅੱਖਾਂ ਮੇਰੀ ਯਾਦ ਤੋਂ ਪੜਦੇ ਵਿਚ ਸਨ ਅਤੇ ਨਾ ਹੀ ਉਹ (ਹੱਕ) ਸੁਣਨ ਦੀ ਸਮਰਥਾ ਰੱਖਦੇ ਸੀ।

الَّذِيْنَ كَانَتْ اَعْيُنُهُمْ فِيْ غِطَاۗءٍ عَنْ ذِكْرِيْ
وَكَانُوْا لَا يَسْتَطِيْعُوْنَ سَمْعًا ۱۰۱

102 ਕੀ ਕਾਫ਼ਿਰ ਇਹ ਸਮਝਦੇ ਹਨ ਕਿ ਉਹ ਮੈਨੂੰ ਛੱਡ ਕੇ ਮੇਰੇ ਬੰਦਿਆਂ ਨੂੰ ਆਪਣਾ ਹਿਮਾਇਤੀ ਬਣਾ ਲੈਣਗੇ? ਬੇਸ਼ੱਕ ਅਸੀਂ ਕਾਫ਼ਿਰਾਂ ਦੀ ਸੇਵਾ ਲਈ ਨਰਕ ਤਿਆਰ ਕਰ ਰੱਖੀ ਹੈ।

أَفَحَسِبَ الَّذِينَ كَفَرُوا أَن يَتَّخِذُوا عِبَادِي مِن دُونِي أَوْلِيَاءَ ۚ إِنَّا أَعْتَدْنَا جَهَنَّمَ لِلْكَافِرِينَ نُزُلًا ١٠٢

103 ਹੇ ਨਬੀ! ਇਹਨਾਂ ਨੂੰ ਆਖੋ, ਕੀ ਅਸੀਂ ਤੁਹਾਨੂੰ ਦੱਸੀਏ ਕਿ ਕਰਮਾਂ ਪੱਖੋਂ ਸਭ ਤੋਂ ਵੱਧ ਘਾਟੇ ਵਿਚ ਰਹਿਣ ਵਾਲੇ ਕੌਣ ਹਨ?

قُلْ هَلْ نُنَبِّئُكُم بِالْأَخْسَرِينَ أَعْمَالًا ١٠٣

104 (ਉਹ ਘਾਟੇ ਵਿਚ ਹਨ) ਜਿਨ੍ਹਾਂ ਦੀਆਂ ਕੋਸ਼ਿਸ਼ਾਂ ਸੰਸਾਰਿਕ ਜੀਵਨ ਵਿਚ ਹੀ ਬਰਬਾਦ ਹੋ ਗਈਆਂ ਜਦ ਕਿ ਉਹ ਸਮਝਦੇ ਹਨ ਕਿ ਉਹ ਸਾਰੇ ਕੰਮ ਭਲਾਈ ਤੇ ਨੇਕੀ ਵਾਲੇ ਕਰ ਰਹੇ ਹਨ।

الَّذِينَ ضَلَّ سَعْيُهُمْ فِي الْحَيَاةِ الدُّنْيَا وَهُمْ يَحْسَبُونَ أَنَّهُمْ يُحْسِنُونَ صُنْعًا ١٠٤

105 ਇਹ ਉਹ ਲੋਕ ਹਨ ਜਿਨ੍ਹਾਂ ਨੇ ਆਪਣੇ ਰੱਬ ਦੀਆਂ ਆਇਤਾਂ (ਨਿਸ਼ਾਨੀਆਂ) ਦਾ ਅਤੇ ਉਸ ਦੀ ਮਿਲਣੀ ਦਾ ਇਨਕਾਰ ਕੀਤਾ, ਇਸੇ ਕਾਰਨ ਉਹਨਾਂ

أُولَٰئِكَ الَّذِينَ كَفَرُوا بِآيَاتِ رَبِّهِمْ وَلِقَائِهِ فَحَبِطَتْ أَعْمَالُهُمْ فَلَا نُقِيمُ لَهُمْ يَوْمَ الْقِيَامَةِ وَزْنًا ١٠٥

---

1 ਇਕ ਤਾਂ ਇਸ ਦਾ ਅਰਥ ਇਹ ਹੈ ਕਿ ਅੱਲਾਹ ਨੂੰ ਛੱਡ ਕੇ ਉਹਦੇ ਬੰਦਿਆਂ ਨੂੰ ਆਪਣੀਆਂ ਲੋੜਾਂ ਨੂੰ ਪੂਰੀਆਂ ਕਰਨ ਵਾਲਾ ਸਮਝਣਾ ਅਤੇ ਦੂਜਾ ਭਾਵ ਇਹ ਹੈ ਕਿ ਦੀਨ ਵਿਚ ਇਸ ਨੂੰ ਜਾਇਜ਼ ਸਮਝ ਲਿਆ ਗਿਆ ਜਿਸ ਨੂੰ ਉਹਨਾਂ ਨੇ ਹਲਾਲ ਕਿਹਾ ਉਸੇ ਨੂੰ ਹਲਾਲ ਅਤੇ ਜਿਸ ਨੂੰ ਹਰਾਮ ਕਿਹਾ ਗਿਆ ਉਸ ਨੂੰ ਹਰਾਮ ਸਮਝ ਲਿਆ ਗਿਆ, ਜਿਵੇਂ ਅੱਲਾਹ ਨੇ ਸੂਰਤ ਤੌਬਾ (31/9) ਵਿਚ ਫ਼ਰਮਾਇਆ ਹੈ ਕਿ ਇਹਨਾਂ ਯਹੂਦੀ ਤੇ ਈਸਾਈਆਂ ਨੇ ਆਪਣੇ ਆਲਮਾਂ ਤੇ ਆਗੂਆਂ ਨੂੰ ਆਪਣਾ ਰੱਬ ਬਣਾ ਲਿਆ ਹੈ। ਲੋਕੀ ਉਹਨਾਂ ਲੋਕਾਂ ਦੀ ਪੈਰਵੀ ਕਰਦੇ ਹਨ ਜਿਨ੍ਹਾਂ ਨੂੰ ਅੱਲਾਹ ਦੇ ਹੁਕਮਾਂ ਤੋਂ ਬਿਨਾਂ ਆਪਣੀਆਂ ਇੱਛਾਵਾਂ ਦੇ ਅਨੁਸਾਰ ਹਰਾਮ ਹਲਾਲ ਬਣਾ ਲਿਆ ਹੈ ਅਤੇ ਮਰੀਅਮ ਦੇ ਪੁੱਤਰ ਮਸੀਹ ਨੂੰ ਵੀ ਉਹਨਾਂ ਨੇ ਆਪਣਾ ਰੱਬ ਬਣਾ ਲਿਆ ਜਦ ਕਿ ਉਹਨਾਂ ਦੋਵਾਂ ਨੂੰ ਤੌਰੈਤ ਅਤੇ ਇੰਜੀਲ ਵਿਚ ਇਕ ਸੱਚੇ ਇਸ਼ਟ ਤੋਂ ਛੁੱਟ ਹੋਰ ਕਿਸੇ ਦੀ ਉਪਾਸਨਾ ਦਾ ਹੁਕਮ ਨਹੀਂ ਦਿੱਤਾ ਗਿਆ ਸੀ। ਉਹ ਅੱਲਾਹ ਜਿਸ ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ ਉਹ ਉਹਨਾਂ ਦੀਆਂ ਮੁਸ਼ਰਿਕਾਨਾ ਗੱਲਾਂ ਤੋਂ ਪਾਕ ਹੈ।

2 ਇਸ ਆਇਤ ਵਿਚ ਉਹਨਾਂ ਲੋਕਾਂ ਦੀ ਚਰਚਾ ਕੀਤੀ ਗਈ ਹੈ ਜਿਹੜੇ ਆਪਣੇ ਮਨ ਤੋਂ ਗੱਲਾਂ ਘੜ੍ਹ ਲੈਂਦੇ ਹਨ ਅਤੇ ਆਪਣੀ ਸਮਝ ਵਿਚ ਉਹਨਾਂ ਨੂੰ ਠੀਕ ਸਮਝਦੇ ਹਨ, ਜਿਵੇਂ ਬਿਦਅਤੀ ਆਦਿ ਪਰ ਅੱਲਾਹ ਨੇ ਫ਼ਰਮਾਇਆ "ਉਹਨਾਂ ਦੇ ਸਾਰੇ ਕੀਤੇ ਹੋਏ ਕਰਮ ਬਰਬਾਦ ਹਨ" ਨੇਕ ਕੰਮਾਂ ਦੀ ਸਵੀਕਿਰਤੀ ਲਈ ਦੋ ਗੱਲਾਂ ਦਾ ਹੋਣਾ ਅਤਿ ਜ਼ਰੂਰੀ ਹੈ ਇਕ ਤਾਂ ਇਹ ਕਿ ਉਹ ਕੇਵਲ ਅੱਲਾਹ ਨੂੰ ਖ਼ੁਸ਼ ਕਰਨ ਲਈ ਹੀ ਕੀਤੇ ਜਾਣ ਨਾ ਕਿ ਲੋਕ ਵਿਖਾਵੇ ਲਈ ਦੂਜੀ ਗੱਲ ਕਿ ਉਹ ਸਾਰੇ ਕੰਮ ਅੱਲਾਹ ਦੇ ਰਸੂਲ (ਸ:) ਦੇ ਤਰੀਕੇ ਅਨੁਸਾਰ ਹੋਣ। ਇਸੇ ਲਈ ਬਿਦਅਤ ਦੇ ਸੰਬੰਧ ਵਿਚ ਅੱਲਾਹ ਦੇ ਰਸੂਲ (ਸ:) ਦਾ ਫ਼ਰਮਾਨ ਹੈ "ਜਿਸ ਨੇ ਵੀ ਸਾਡੇ ਦੀਨ ਵਿਚ ਕੋਈ ਨਵੀਂ ਗੱਲ (ਬਿਦਅਤ) ਕੱਢੀ ਜਿਸ ਦੀ ਦਲੀਲ ਦੀਨ ਵਿਚ ਨਾ ਹੋਵੇ ਤਾਂ ਉਹ ਮਰਦੂਦ (ਰੱਦਯੋਗ) ਹੈ"। (ਸਹੀ ਬੁਖ਼ਾਰੀ, ਹਦੀਸ: 2697)

ਦੇ ਸਾਰੇ ਕਰਮ ਬਰਬਾਦ ਹੋ ਗਏ। ਸੋ ਕਿਆਮਤ ਦਿਹਾੜੇ ਅਸੀਂ ਉਹਨਾਂ (ਦੇ ਕਰਮਾਂ) ਨੂੰ ਤੋਲਣ ਦਾ ਕੋਈ ਪ੍ਰਬੰਧ ਨਹੀਂ ਕਰਾਂਗੇ।

106 ਇਹੋ ਨਰਕ ਉਹਨਾਂ ਦੀ ਸਜ਼ਾ ਹੈ, ਕਿਉਂ ਜੋ ਉਹਨਾਂ ਨੇ ਕੁਫ਼ਰ ਕੀਤਾ ਸੀ ਅਤੇ ਮੇਰੀਆਂ ਆਇਤਾਂ (ਨਿਸ਼ਾਨੀਆਂ) ਤੇ ਮੇਰੇ ਰਸੂਲਾਂ ਦਾ ਮਖ਼ੌਲ ਕਰਦੇ ਸਨ।

ذَٰلِكَ جَزَآؤُهُمْ جَهَنَّمُ بِمَا كَفَرُوا وَاتَّخَذُوٓا ءَايَٰتِى وَرُسُلِى هُزُوًا ١٠٦

107 ਜਿਹੜੇ ਲੋਕ ਈਮਾਨ ਲਿਆਏ ਤੇ ਉਹਨਾਂ ਨੇ ਨੇਕ ਕਰਮ ਵੀ ਕੀਤੇ ਉਹਨਾਂ ਦੀ ਮਹਿਮਾਨਦਾਰੀ (ਭਾਵ ਸੇਵਾ) ਲਈ ਜੰਨਤੁਲ ਫ਼ਿਰਦੌਸ (ਉੱਚ ਕੋਟੀ) ਦਾ ਬਾਗ਼ ਹੈ।

إِنَّ الَّذِينَ ءَامَنُوا وَعَمِلُوا الصَّٰلِحَٰتِ كَانَتْ لَهُمْ جَنَّٰتُ الْفِرْدَوْسِ نُزُلًا ١٠٧

108 ਉਹ ਉਹਨਾਂ ਵਿਚ ਸਦਾ ਰਹਿਣਗੇ ਜਿੱਥਿਓਂ ਉਹ ਜਗ੍ਹਾ ਬਦਲਣਾ ਪਸੰਦ ਨਹੀਂ ਕਰਨਗੇ।

خَٰلِدِينَ فِيهَا لَا يَبْغُونَ عَنْهَا حِوَلًا ١٠٨

109 (ਹੇ ਨਬੀ!) ਆਖ ਦਿਓ! ਜੇ ਮੇਰੇ ਰੱਬ ਦੀਆਂ ਗੱਲਾਂ (ਸਿਫ਼ਤਾਂ ਲਿਖਣ ਲਈ) ਸਮੁੰਦਰ (ਦਾ ਪਾਣੀ) ਰੌਸ਼ਨਾਈ (ਸਿਆਹੀ) ਬਣ ਜਾਵੇ ਤਾਂ ਮੇਰੇ ਰੱਬ ਦੀਆਂ ਗੱਲਾਂ ਖ਼ਤਮ ਹੋਣ ਤੋਂ ਪਹਿਲਾਂ ਸਮੁੰਦਰ ਖ਼ਤਮ ਹੋ ਜਾਵੇਗਾ ਭਾਵੇਂ ਅਸੀਂ ਇਸ ਦੇ ਬਰਾਬਰ ਇਕ ਹੋਰ (ਸਮੁੰਦਰ) ਮਦਦ ਲਈ ਲੈ ਆਈਏ।

قُل لَّوْ كَانَ الْبَحْرُ مِدَادًا لِّكَلِمَٰتِ رَبِّى لَنَفِدَ الْبَحْرُ قَبْلَ أَن تَنفَدَ كَلِمَٰتُ رَبِّى وَلَوْ جِئْنَا بِمِثْلِهِۦ مَدَدًا ١٠٩

110 (ਹੇ ਨਬੀ!) ਆਖ ਦਿਓ, ਮੈਂ ਤਾਂ ਤੁਹਾਡੇ ਵਰਗਾ ਹੀ ਇਕ ਮਨੁੱਖ ਹਾਂ, ਮੇਰੇ ਵੱਲ ਵਹੀ (ਰੱਬੀ ਪੈਗ਼ਾਮ) ਆਉਂਦੀ ਹੈ ਕਿ ਤੁਹਾਡਾ ਇਸ਼ਟ ਕੇਵਲ ਇਕ ਇਸ਼ਟ ਹੈ, ਫੇਰ ਜਿਹੜਾ ਵਿਅਕਤੀ ਰੱਬ ਨਾਲ ਮਿਲਣ ਦੀ ਆਸ ਰੱਖਦਾ ਹੈ ਉਸ ਨੂੰ ਚਾਹੀਦਾ ਹੈ ਕਿ ਨੇਕ ਅਮਲ ਕਰੇ ਅਤੇ ਆਪਣੇ ਰੱਬ ਦੀ ਬੰਦਗੀ ਵਿਚ ਕਿਸੇ ਹੋਰ ਨੂੰ ਸ਼ਰੀਕ ਨਾ ਕਰੇ।

قُلْ إِنَّمَآ أَنَا۠ بَشَرٌ مِّثْلُكُمْ يُوحَىٰٓ إِلَىَّ أَنَّمَآ إِلَٰهُكُمْ إِلَٰهٌ وَٰحِدٌ فَمَن كَانَ يَرْجُوا لِقَآءَ رَبِّهِۦ فَلْيَعْمَلْ عَمَلًا صَٰلِحًا وَلَا يُشْرِكْ بِعِبَادَةِ رَبِّهِۦٓ أَحَدًا ١١٠

19. ਸੂਰਤ ਮਰੀਅਮ (ਮੱਕੀ-44)

سُوْرَةُ مَرْيَمَ

(ਆਇਤਾਂ 98, ਰੁਕੂਅ 6)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਕਾਫ਼, ਹਾ, ਯਾ, ਐਨ, ਸੁਆਦ।

كٓهٰيٰعٓصٓ ۝١

2. (ਹੇ ਨਬੀ!) ਇਹ ਤੁਹਾਡੇ ਰੱਬ ਦੀ ਉਸ ਮਿਹਰਬਾਨੀ ਦੀ ਚਰਚਾ ਹੈ ਜਿਹੜੀ ਉਸ ਨੇ ਆਪਣੇ ਬੰਦੇ ਜ਼ਿਕਰੀਆ 'ਤੇ ਕੀਤੀ ਸੀ।

ذِكْرُ رَحْمَتِ رَبِّكَ عَبْدَهٗ زَكَرِيَّا ۝٢

3. ਜਦੋਂ ਉਸ (ਜ਼ਿਕਰੀਆ) ਨੇ ਆਪਣੇ ਰੱਬ ਨੂੰ ਮਲਕੜੇ ਜਿਹੇ ਪੁਕਾਰਿਆ ਸੀ।

اِذْ نَادٰى رَبَّهٗ نِدَآءً خَفِيًّا ۝٣

4. (ਜ਼ਿਕਰੀਆ ਨੇ ਬੇਨਤੀ ਕੀਤੀ) ਕਿ ਹੇ ਮੇਰੇ ਪਾਲਣਹਾਰ! ਬੇਸ਼ੱਕ ਮੇਰੀਆਂ ਹੱਡੀਆਂ ਕਮਜ਼ੋਰ ਹੋ ਗਈਆਂ ਹਨ ਅਤੇ ਸਿਰ ਬੁਢਾਪੇ ਕਾਰਨ (ਵਾਲ ਸਫ਼ੈਦ ਵਾਲਾਂ ਨਾਲ) ਭੜਕ ਉਠਿਆ ਹੈ। ਹੇ ਮੇਰੇ ਰੱਬਾ! ਮੈਂ ਕਦੇ ਵੀ ਤੈਥੋਂ ਦੁਆ ਮੰਗ ਕੇ ਨਾ-ਮੁਰਾਦ ਨਹੀਂ ਰਿਹਾ।

قَالَ رَبِّ اِنِّيْ وَهَنَ الْعَظْمُ مِنِّيْ وَاشْتَعَلَ الرَّاْسُ
شَيْبًا وَّلَمْ اَكُنْۢ بِدُعَآئِكَ رَبِّ شَقِيًّا ۝٤

5. ਮੈਨੂੰ ਆਪਣੇ ਪਿੱਛੋਂ ਆਪਣੇ ਵਾਰਸਾਂ ਦੀ ਚਿੰਤਾ ਹੈ (ਕਿ ਉਹ ਕੁਰਾਹੇ ਨਾ ਪੈ ਜਾਣ) ਮੇਰੀ ਪਤਨੀ ਵੀ ਬਾਂਝ ਹੈ ਤੂੰ ਮੈਨੂੰ ਆਪਣੇ ਕੋਲ ਤੋਂ ਇਕ ਵਾਰਸ ਦੀ ਬਖ਼ਸ਼ਿਸ਼ ਕਰ।

وَاِنِّيْ خِفْتُ الْمَوَالِيَ مِنْ وَّرَآءِيْ وَكَانَتِ
امْرَاَتِيْ عَاقِرًا فَهَبْ لِيْ مِنْ لَّدُنْكَ وَلِيًّا ۝٥

6. ਜਿਹੜਾ ਮੇਰਾ ਵੀ ਵਾਰਸ ਹੋਵੇ ਅਤੇ ਯਾਕੂਬ ਦੀ ਨਸਲ ਦਾ ਵੀ ਵਾਰਸ ਹੋਵੇ। (ਹੇ ਮੇਰੇ ਰੱਬਾ!) ਤੂੰ ਉਸ ਨੂੰ ਇਕ ਮਨ ਭਾਉਂਦਾ ਵਿਅਕਤੀ ਬਣਾ।

يَّرِثُنِيْ وَيَرِثُ مِنْ اٰلِ يَعْقُوْبَ ۖ وَاجْعَلْهُ
رَبِّ رَضِيًّا ۝٦

7. (ਅੱਲਾਹ ਨੇ ਦੁਆ ਸੁਣ ਕੇ) ਫ਼ਰਮਾਇਆ ਕਿ ਹੇ ਜ਼ਿਕਰੀਆ! ਅਸੀਂ ਤੁਹਾਨੂੰ ਇਕ ਪੁੱਤਰ ਦੀ ਖ਼ੁਸ਼ਖ਼ਬਰੀ ਦਿੰਦੇ ਹਾਂ ਜਿਸ ਦਾ ਨਾਂ ਯਾਹਯਾ ਹੈ ਅਸੀਂ ਇਸ ਤੋਂ ਪਹਿਲਾਂ ਇਸ ਨਾਂ ਦਾ ਕੋਈ ਵਿਅਕਤੀ ਪੈਦਾ ਨਹੀਂ ਕੀਤਾ।

يٰزَكَرِيَّآ اِنَّا نُبَشِّرُكَ بِغُلٰمِ ۨاسْمُهٗ يَحْيٰى ۙ
لَمْ نَجْعَلْ لَّهٗ مِنْ قَبْلُ سَمِيًّا (٧)

8. (ਜ਼ਿਕਰੀਆ) ਆਖਣ ਲੱਗਾ ਕਿ ਹੇ ਮੇਰੇ ਮਾਲਿਕ! ਮੇਰੇ ਘਰ ਪੁੱਤਰ ਕਿਵੇਂ ਹੋਵੇਗਾ ਜਦ ਕਿ ਮੇਰੀ ਪਤਨੀ ਬਾਂਝ ਹੈ ਅਤੇ ਮੈਂ ਆਪ ਬੁਢਾਪੇ ਦੇ ਸਿਖਰ 'ਤੇ ਪਹੁੰਚ ਗਿਆ ਹਾਂ।

قَالَ رَبِّ اَنّٰى يَكُوْنُ لِيْ غُلٰمٌ وَّكَانَتِ امْرَاَتِيْ
عَاقِرًا وَّقَدْ بَلَغْتُ مِنَ الْكِبَرِ عِتِيًّا (٨)

9. ਫ਼ਰਿਸ਼ਤੇ ਨੇ ਆਖਿਆ ਕਿ ਇੰਜ ਹੀ ਹੋਵੇਗਾ। ਤੇਰੇ ਪਾਲਣਹਾਰ ਦਾ ਇਹ ਵੀ ਫ਼ਰਮਾਨ ਹੈ ਕਿ ਮੇਰੇ ਲਈ ਤਾਂ ਇੰਜ ਕਰਨਾ ਬਹੁਤ ਹੀ ਆਸਾਨ ਹੈ। ਇਸ ਤੋਂ ਜਦ ਕਿ ਤੂੰ ਕੁੱਝ ਵੀ ਨਹੀਂ ਸੀ, ਮੈਂ ਤੈਨੂੰ ਪੈਦਾ ਕਰ ਚੁੱਕਿਆ ਹਾਂ।

قَالَ كَذٰلِكَ ۚ قَالَ رَبُّكَ هُوَ عَلَيَّ هَيِّنٌ
وَّقَدْ خَلَقْتُكَ مِنْ قَبْلُ وَلَمْ تَكُ شَيْـًٔا (٩)

10 (ਜ਼ਿਕਰੀਆ ਨੇ) ਆਖਿਆ ਕਿ ਮੇਰੇ ਪਾਲਣਹਾਰ! ਮੇਰੇ ਲਈ ਕੋਈ ਨਿਸ਼ਾਨੀ ਨਿਸ਼ਚਿਤ ਕਰਦੇ। ਫ਼ਰਮਾਇਆ, ਤੇਰੇ ਲਈ ਨਿਸ਼ਾਨੀ ਇਹ ਹੈ ਕਿ ਤੂੰ ਸਵਸਥ ਹੁੰਦੇ ਹੋਏ ਵੀ ਲਗਾਤਾਰ ਤਿੰਨ ਰਾਤਾਂ (ਦਿਨ-ਰਾਤ) ਲੋਕਾਂ ਨਾਲ ਗੱਲ ਬਾਤ ਨਹੀਂ ਕਰ ਸਕੇਂਗਾ।

قَالَ رَبِّ اجْعَلْ لِّيْٓ اٰيَةً ۭ قَالَ اٰيَتُكَ اَلَّا
تُكَلِّمَ النَّاسَ ثَلٰثَ لَيَالٍ سَوِيًّا (١٠)

11 ਸੋ ਉਹ (ਜ਼ਿਕਰੀਆ) ਆਪਣੇ ਹੁਜਰਿਓਂ (ਕਮਰੇ 'ਚੋਂ) ਨਿਕਲ ਕੇ ਆਪਣੀ ਕੌਮ ਦੇ ਸਾਹਮਣੇ ਆਇਆ ਤੇ ਉਸ ਨੇ ਇਸ਼ਾਰਿਆਂ ਨਾਲ (ਬਿਨਾ ਬੋਲੇ) ਕਿਹਾ ਕਿ ਤੁਸੀਂ ਸਵੇਰ ਤੋਂ ਸ਼ਾਮ ਤਕ (ਭਾਵ ਹਰ ਵੇਲੇ ਰੱਬ ਦੀ) ਪਾਕੀ ਬਿਆਨ ਕਰੋ।

فَخَرَجَ عَلٰى قَوْمِهٖ مِنَ الْمِحْرَابِ فَاَوْحٰٓى اِلَيْهِمْ
اَنْ سَبِّحُوْا بُكْرَةً وَّعَشِيًّا (١١)

12. (ਜਦੋਂ ਯਾਹਯਾ ਜਵਾਨ ਹੋ ਗਿਆ ਤਾਂ ਰੱਬ ਨੇ ਉਸ ਨੂੰ ਆਪਣਾ ਨਬੀ ਘੋਸ਼ਿਤ ਕਰਦੇ ਹੋਏ) ਅੱਲਾਹ ਨੇ ਫ਼ਰਮਾਇਆ ਕਿ ਹੇ ਯਾਹਯਾ, (ਮੇਰੀ) ਕਿਤਾਬ

يٰيَحْيٰى خُذِ الْكِتٰبَ بِقُوَّةٍ ۭ وَاٰتَيْنٰهُ
الْحُكْمَ صَبِيًّا (١٢)

(ਤੌਰੈਤ) ਨੂੰ ਜ਼ੋਰ ਨਾਲ ਫੜ ਲੈ। ਅਸੀਂ ਉਸ ਨੂੰ ਛੋਟੀ ਉਮਰ (ਬਚਪਨ) ਵਿਚ ਹੀ ਨਿਰਣਾ-ਸ਼ਕਤੀ ਨਾਲ ਨਿਵਾਜ਼ਿਆ ਸੀ।

13 ਅਤੇ ਆਪਣੇ ਵੱਲੋਂ ਉਸ (ਯਾਹਯਾ) ਨੂੰ ਨਿਮਰਤਾ ਤੇ ਪਵਿੱਤਰਤਾ ਬਖ਼ਸ਼ੀ। ਉਹ ਇਕ ਪਰਹੇਜ਼ਗਾਰ (ਰੱਬ ਦੀ ਨਾਰਾਜ਼ਗੀ ਤੋਂ ਡਰਨ ਵਾਲਾ) ਵਿਅਕਤੀ ਸੀ।

وَحَنَانًا مِّن لَّدُنَّا وَزَكَاةً ۖ وَكَانَ تَقِيًّا

14 ਉਹ ਆਪਣੇ ਮਾਪਿਆ ਨਾਲ ਭਲਾਈ ਕਰਨ ਵਾਲਾ ਸੀ ਉਹ ਸਰਕਸ਼ ਤੇ ਨਾ-ਫ਼ਰਮਾਨ ਨਹੀਂ ਸੀ

وَبَرًّا بِوَالِدَيْهِ وَلَمْ يَكُن جَبَّارًا عَصِيًّا

15 ਉਸ (ਯਾਹਯਾ, 'ਤੇ ਸਲਾਮ, ਜਿਸ ਦਿਨ ਉਹ ਪੈਦਾ ਹੋਇਆ, ਜਿਸ ਦਿਨ ਉਹ ਅਕਾਲ ਚਲਾਣਾ ਕਰੇਗਾ ਅਤੇ ਜਿਸ ਦਿਨ ਉਹ ਮੁੜ ਜਿਊਂਦਾ ਕਰਕੇ ਉਠਾਇਆ ਜਾਵੇਗਾ।

وَسَلَامٌ عَلَيْهِ يَوْمَ وُلِدَ وَيَوْمَ يَمُوتُ وَيَوْمَ يُبْعَثُ حَيًّا

16 ਇਸ ਕਿਤਾਬ ਵਿਚ ਮਰੀਅਮ ਦਾ ਵੀ ਜ਼ਿਕਰ ਹੈ, ਜਦੋਂ ਉਹ ਆਪਣੇ ਲੋਕਾਂ ਤੋਂ ਵੱਖ ਹੋਕੇ ਪੂਰਬ ਵੱਲ ਘਰ ਵਿਚ ਜਾ ਬੈਠੀ।

وَاذْكُرْ فِي الْكِتَابِ مَرْيَمَ إِذِ انتَبَذَتْ مِنْ أَهْلِهَا مَكَانًا شَرْقِيًّا

17 ਅਤੇ ਉਹਨਾਂ ਲੋਕਾਂ ਤੋਂ ਪਰਦਾ ਕਰ ਲਿਆ ਫੇਰ ਅਸੀਂ ਅੱਲਾਹ ਨੇ ਉਸ (ਮਰੀਅਮ) ਕੋਲ ਆਪਣੀ ਰੂਹ (ਜਿਬਰਾਈਲ) ਨੂੰ ਭੇਜਿਆ, ਉਹ (ਜਿਬਰਾਈਲ) ਉਸ (ਮਰੀਅਮ) ਦੇ ਸਾਹਮਣੇ ਪੂਰੇ ਮਨੁੱਖ ਦੇ ਰੂਪ ਵਿਚ ਪ੍ਰਗਟ ਹੋਇਆ।

فَاتَّخَذَتْ مِن دُونِهِمْ حِجَابًا فَأَرْسَلْنَا إِلَيْهَا رُوحَنَا فَتَمَثَّلَ لَهَا بَشَرًا سَوِيًّا

18 ਇਹ ਵੇਖ ਕੇ ਮਰੀਅਮ ਆਖਣ ਲੱਗੀ ਕਿ ਮੈਂ ਤੈਥੋਂ ਰਹਿਮਾਨ ਦੀ ਪਨਾਹ ਮੰਗਦੀ ਹਾਂ ਜੇ ਤੂੰ ਰਤਾ ਵੀ ਉਸ ਤੋਂ ਡਰਨ ਵਾਲਾ ਹੈਂ।

قَالَتْ إِنِّي أَعُوذُ بِالرَّحْمَٰنِ مِنكَ إِن كُنتَ تَقِيًّا

19 ਉਸ (ਜਿਬਰਾਈਲ) ਨੇ ਉੱਤਰ ਵਿਚ ਕਿਹਾ ਕਿ ਮੈਂ ਤਾਂ ਤੇਰੇ ਰੱਬ ਵੱਲੋਂ ਹੀ ਭੇਜਿਆ ਹੋਇਆ

قَالَ إِنَّمَا أَنَا رَسُولُ رَبِّكِ لِأَهَبَ لَكِ غُلَامًا زَكِيًّا ﴿١٩﴾

ਹਾਂ ਤਾਂ ਜੋ ਤੈਨੂੰ ਰੱਬੀ ਹੁਕਮ ਨਾਲ ਇਕ ਪਵਿੱਤਰ ਬਾਲਕ ਬਖ਼ਸ਼ਾਂ।

20. (ਮਰੀਅਮ) ਆਖਣ ਲੱਗੀ ਕਿ ਮੇਰੇ ਬੱਚਾ ਕਿਵੇਂ ਹੋ ਸਕਦਾ ਹੈ? ਮੈਨੂੰ ਤਾਂ ਕਿਸੇ ਪੁਰਖ ਨੇ ਹੱਥ ਤਕ ਨਹੀਂ ਲਾਇਆ ਅਤੇ ਨਾ ਹੀ ਮੈਂ ਬਦਕਾਰ ਹਾਂ।

قَالَتْ أَنَّىٰ يَكُونُ لِي غُلَامٌ وَلَمْ يَمْسَسْنِي بَشَرٌ
وَلَمْ أَكُ بَغِيًّا 20

21. ਫ਼ਰਿਸ਼ਤੇ (ਜਿਬਰਾਈਲ) ਨੇ ਆਖਿਆ ਕਿ ਇੰਜ ਹੀ ਹੋਵੇਗਾ ਤੇਰੇ ਰੱਬ ਦਾ ਫ਼ਰਮਾਨ ਹੈ ਕਿ ਇੰਜ ਕਰਨਾ ਮੇਰੇ ਲਈ ਬਹੁਤ ਹੀ ਆਸਾਨ ਹੈ। ਅਸੀਂ ਉਸ ਬਾਲਕ ਨੂੰ ਲੋਕਾਂ ਲਈ ਇਕ ਨਿਸ਼ਾਨੀ ਬਣਾ ਦੇਵਾਂਗੇ ਅਤੇ ਆਪਣੇ ਵੱਲੋਂ ਇਕ ਵਿਸ਼ੇਸ਼ ਰਹਿਮਤ ਬਣਾ ਦੇਵਾਂਗੇ ਅਤੇ ਇਹ ਕੰਮ ਹੋਣਾ ਨਿਸ਼ਚਿਤ ਹੈ।

قَالَ كَذَٰلِكِ قَالَ رَبُّكِ هُوَ عَلَيَّ هَيِّنٌ ۖ وَلِنَجْعَلَهُ
آيَةً لِلنَّاسِ وَرَحْمَةً مِنَّا ۚ وَكَانَ أَمْرًا
مَقْضِيًّا 21

22. ਅੰਤ ਉਹ (ਮਰੀਅਮ) ਗਰਭਵਤੀ ਹੋ ਗਈ[1] ਅਤੇ ਉਹ ਉਸ (ਗਰਭ) ਨੂੰ ਲੈ ਕੇ ਇਕ ਦੂਰ ਸਥਾਨ 'ਤੇ ਚਲੀ ਗਈ।

فَحَمَلَتْهُ فَانْتَبَذَتْ بِهِ مَكَانًا قَصِيًّا 22

23. ਫੇਰ ਪਰਸੂਤ ਦੀਆਂ ਪੀੜਾਂ ਨੇ ਉਸ ਨੂੰ ਖਜੂਰ ਦੇ ਦਰਖ਼ਤ ਹੇਠ ਪਹੁੰਚਾ ਦਿੱਤਾ। ਆਖਣ ਲੱਗੀ ਕਿ ਕਾਸ਼! ਮੈਂ ਇਸ (ਬਾਲਕ ਦੇ ਜੰਮਣ) ਤੋਂ ਪਹਿਲਾਂ ਹੀ ਮਰ ਜਾਂਦੀ ਅਤੇ ਲੋਕੀ ਮੈਨੂੰ ਭੁੱਲ ਜਾਂਦੇ।

فَأَجَاءَهَا الْمَخَاضُ إِلَىٰ جِذْعِ النَّخْلَةِ قَالَتْ
يَا لَيْتَنِي مِتُّ قَبْلَ هَٰذَا وَكُنْتُ نَسْيًا مَنْسِيًّا 23

24. ਉਦੋਂ ਹੀ ਫ਼ਰਿਸ਼ਤੇ ਨੇ ਉਸ ਦੇ ਹੇਠੋਂ ਅਵਾਜ਼ ਮਾਰ ਕੇ ਆਖਿਆ ਕਿ ਚਿੰਤਾ ਨਾ ਕਰ ਤੇਰੇ ਰੱਬ ਨੇ ਤੇਰੇ ਪੈਰਾਂ ਹੇਠ ਇਕ ਸੋਮਾ ਵਗਾ ਦਿੱਤਾ ਹੈ।

فَنَادَاهَا مِنْ تَحْتِهَا أَلَّا تَحْزَنِي قَدْ جَعَلَ رَبُّكِ
تَحْتَكِ سَرِيًّا 24

25. ਅਤੇ ਖਜੂਰ ਦੇ ਤਨੇ ਨੂੰ ਹਲੂਣਾ ਮਾਰ, ਇਹ ਤੇਰੇ ਅੱਗੇ (ਖਾਣ ਲਈ) ਤਾਜ਼ੀਆਂ ਤੇ ਪੱਕੀਆਂ ਹੋਈਆਂ ਖਜੂਰਾਂ ਝਾੜ ਦੇਵੇਗਾ।

وَهُزِّي إِلَيْكِ بِجِذْعِ النَّخْلَةِ تُسَاقِطْ
عَلَيْكِ رُطَبًا جَنِيًّا 25

---

[1] ਇਸ ਹਕੀਕਤ ਨੂੰ ਦੂਜੀ ਥਾਂ ਇੰਜ ਬਿਆਨ ਕੀਤਾ ਗਿਆ ਹੈ "ਉਹ ਪਾਕ ਤੇ ਪਵਿੱਤਰ ਜ਼ਨਾਨੀ ਜਿਸ ਨੇ ਆਪਣੀ ਇੱਜ਼ਤ ਦੀ ਰਾਖੀ ਕੀਤੀ। ਅਸੀਂ ਉਸ ਵਿਚ ਆਪਣੇ ਵੱਲੋਂ ਜਾਨ (ਰੂਹ) ਪਾ ਦਿੱਤੀ ਅਤੇ ਉਸ ਨੂੰ ਅਤੇ ਉਸ ਦੇ ਪੁੱਤਰ ਨੂੰ ਦੁਨੀਆਂ ਵਾਲਿਆਂ ਲਈ ਨਿਸ਼ਾਨੀ ਬਣਾ ਦਿੱਤਾ" (ਅੰਬੀਆ 91/21)।

26. ਸੋ ਹੁਣ ਤੂੰ ਖਾ ਪੀ ਅਤੇ (ਬੱਚੇ ਨੂੰ ਵੇਖ ਕੇ) ਆਪਣੀਆਂ ਅੱਖਾਂ ਠੰਢੀਆਂ ਕਰ, ਜੇ ਤੈਨੂੰ ਕੋਈ ਵਿਅਕਤੀ ਵਿਖਾਈ ਦੇਵੇ ਤਾਂ ਉਹ ਨੂੰ ਆਖ ਦਈਂ ਕਿ ਮੈਂ ਰਹਿਮਾਨ ਲਈ ਰੋਜ਼ੇ ਦੀ ਸੁੱਖ ਸੁੱਖੀ ਹੈ ਸੋ ਅੱਜ ਮੈਂ ਕਿਸੇ ਨਾਲ ਵੀ ਗੱਲ ਨਹੀਂ ਕਰਾਂਗੀ।

فَكُلِي وَاشْرَبِي وَقَرِّي عَيْنًا ۖ فَإِمَّا تَرَيِنَّ مِنَ الْبَشَرِ
أَحَدًا فَقُولِي إِنِّي نَذَرْتُ لِلرَّحْمَٰنِ صَوْمًا فَلَنْ
أُكَلِّمَ الْيَوْمَ إِنْسِيًّا ﴿26﴾

27. ਜਦੋਂ ਉਹ (ਮਰੀਅਮ) ਆਪਣੇ ਬੱਚੇ ਨੂੰ ਲੈ ਕੇ ਆਪਣੀ ਕੌਮ ਵੱਲ ਆਈ ਤਾਂ ਉਹ ਕਹਿਣ ਲੱਗੇ ਕਿ ਹੇ ਮਰੀਅਮ! ਇਹ ਤਾਂ ਤੂੰ ਘੋਰ ਪਾਪ ਕੀਤਾ ਹੈ।

فَأَتَتْ بِهِ قَوْمَهَا تَحْمِلُهُ ۖ قَالُوا يَا مَرْيَمُ
لَقَدْ جِئْتِ شَيْئًا فَرِيًّا ﴿27﴾

28. (ਕੌਮ ਨੇ ਆਖਿਆ ਕਿ) ਹੇ ਹਾਰੂਨ ਦੀ ਭੈਣ! ਨਾ ਹੀ ਤੇਰਾ ਪਿਓ ਭੈੜਾ ਵਿਅਕਤੀ ਸੀ ਅਤੇ ਨਾ ਹੀ ਤੇਰੀ ਮਾਂ ਕੋਈ ਬਦਕਾਰ ਔਰਤ ਸੀ।

يَا أُخْتَ هَارُونَ مَا كَانَ أَبُوكِ امْرَأَ سَوْءٍ
وَمَا كَانَتْ أُمُّكِ بَغِيًّا ﴿28﴾

29. ਮਰੀਅਮ ਨੇ ਆਪਣੇ ਬੱਚੇ ਵੱਲ ਇਸ਼ਾਰਾ ਕੀਤਾ (ਜੋ ਪੁੱਛਣਾ ਹੈ ਇਸ ਤੋਂ ਪੁੱਛੋ ਕਿ ਇਸ ਤੋਂ ਪੁੱਛੋ)। ਉਹ ਲੋਕ ਕਹਿਣ ਲੱਗੇ ਕਿ ਭਲਾਂ ਗੋਦੀ ਵਾਲੇ ਬੱਚੇ ਨਾਲ ਅਸੀਂ ਕਿੱਦਾ ਗੱਲਾਂ ਕਰ ਸਕਦੇ ਹਾਂ।[1]

فَأَشَارَتْ إِلَيْهِ ۖ قَالُوا كَيْفَ نُكَلِّمُ مَنْ كَانَ
فِي الْمَهْدِ صَبِيًّا ﴿29﴾

30. ਪਰ ਬੱਚਾ ਬੋਲ ਪਿਆ ਕਿ ਮੈਂ ਅੱਲਾਹ ਦਾ ਬੰਦਾ ਹਾਂ ਉਸ ਨੇ ਮੈਨੂੰ ਕਿਤਾਬ (ਇੰਜੀਲ) ਬਖ਼ਸ਼ੀ ਹੈ ਅਤੇ ਮੈਨੂੰ ਪੈਗ਼ੰਬਰ ਬਣਾਇਆ ਹੈ।

قَالَ إِنِّي عَبْدُ اللَّهِ آتَانِيَ الْكِتَابَ وَجَعَلَنِي
نَبِيًّا ﴿30﴾

31. ਉਸ (ਅੱਲਾਹ) ਨੇ ਮੈਨੂੰ ਬਰਕਤਾਂ ਵਾਲਾ ਬਣਾਇਆ ਹੈ, ਮੈਂ ਜਿੱਥੇ ਵੀ ਹੋਵਾਂ ਅਤੇ ਜਦੋਂ ਤੀਕ ਮੈਂ ਜਿਊਂਦਾ ਰਹਾਂ, ਉਸ ਨੇ ਮੈਨੂੰ ਨਮਾਜ਼ ਅਤੇ ਜ਼ਕਾਤ ਦੇਣ ਦਾ ਹੁਕਮ ਦਿੱਤਾ ਹੈ।

وَجَعَلَنِي مُبَارَكًا أَيْنَ مَا كُنْتُ وَأَوْصَانِي بِالصَّلَاةِ
وَالزَّكَاةِ مَا دُمْتُ حَيًّا ﴿31﴾

32. ਅਤੇ ਉਸ ਨੇ ਮੈਨੂੰ ਆਪਣੀ ਮਾਤਾ ਦਾ ਸੇਵਾਦਾਰ ਬਣਾਇਆ ਹੈ। ਉਸ (ਅੱਲਾਹ) ਨੇ ਮੈਨੂੰ

وَبَرًّا بِوَالِدَتِي وَلَمْ يَجْعَلْنِي جَبَّارًا شَقِيًّا ﴿32﴾

1 ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 46/3

ਜ਼ੋਰ ਜ਼ਬਰਦਸਤੀ ਕਰਨ ਵਾਲਾ ਅਤੇ ਮੰਦਭਾਗਾ ਨਹੀਂ ਬਣਾਇਆ।

33 ਸਲਾਮ ਹੈ ਮੇਰੇ ਉੱਤੇ ਜਦੋਂ ਮੈਂ ਜਨਮਿਆ ਅਤੇ ਜਿਸ ਦਿਨ ਮੈਂ ਮਰਾਂਗਾ ਅਤੇ ਜਦੋਂ ਮੈਂ ਮੁੜ ਜਿਉਂਦਾ ਕਰਕੇ ਖੜਾ ਕੀਤਾ ਜਾਵਾਂਗਾ।

وَالسَّلٰمُ عَلَيَّ يَوْمَ وُلِدْتُّ وَيَوْمَ اَمُوْتُ وَيَوْمَ اُبْعَثُ حَيًّا ﴿٣٣﴾

34 ਇਹ ਹੈ ਈਸਾ ਪੁੱਤਰ ਮਰੀਅਮ (ਦੀ ਹਕੀਕਤ), ਇਹੋ ਹੱਕ ਸੱਚ ਵਾਲੀ ਗੱਲ ਹੈ, ਜਿਸ ਵਿਚ ਲੋਕੀ ਸ਼ੱਕ ਕਰ ਰਹੇ ਹਨ।

ذٰلِكَ عِيْسَى ابْنُ مَرْيَمَ ۚ قَوْلَ الْحَقِّ الَّذِيْ فِيْهِ يَمْتَرُوْنَ ﴿٣٤﴾

35. ਅੱਲਾਹ ਨੂੰ ਇਹ ਸ਼ੋਭਾ ਨਹੀਂ ਦਿੰਦਾ ਕਿ ਉਸ ਦੇ ਕੋਈ ਸੰਤਾਨ ਹੋਵੇ, ਉਹ ਤਾਂ ਇਕ ਪਾਕ ਜ਼ਾਤ ਹੈ। ਉਹ ਜਦੋਂ ਕਿਸੇ ਕੰਮ ਦੇ ਕਰਨ ਦਾ ਫ਼ੈਸਲਾ ਕਰ ਲੈਂਦਾ ਹੈ ਤਾਂ ਆਖਦਾ ਹੈ ਕਿ ਹੋ ਜਾ ਤਾਂ ਉਹ ਝੱਟ ਹੋ ਜਾਂਦਾ ਹੈ।[1]

مَا كَانَ لِلّٰهِ اَنْ يَّتَّخِذَ مِنْ وَّلَدٍ ۙ سُبْحٰنَهٗ ۚ اِذَا قَضٰۤى اَمْرًا فَاِنَّمَا يَقُوْلُ لَهٗ كُنْ فَيَكُوْنُ ﴿٣٥﴾

36. (ਈਸਾ ਨੇ ਆਖਿਆ) ਬੇਸ਼ੱਕ ਅੱਲਾਹ ਹੀ ਮੇਰਾ ਅਤੇ ਤੁਹਾਡਾ ਰੱਬ ਹੈ, ਸੋ ਤੁਸੀਂ ਸਾਰੇ ਉਸੇ ਦੀ ਬੰਦਗੀ ਕਰੋ, ਇਹੋ ਸਿਧਾ ਰਾਹ ਹੈ।

وَاِنَّ اللّٰهَ رَبِّيْ وَرَبُّكُمْ فَاعْبُدُوْهُ ۚ هٰذَا صِرَاطٌ مُّسْتَقِيْمٌ ﴿٣٦﴾

37. ਪਰ ਫੇਰ ਵੱਖ-ਵੱਖ ਧੜੇ ਆਪੋ ਵਿਚਾਲੇ ਮਤਭੇਦ ਕਰਨ ਲੱਗ ਪਏ,[2] ਸੋ ਉਹਨਾਂ ਲਈ ਬਰਬਾਦੀ ਹੈ ਜਿਨ੍ਹਾਂ ਨੇ ਵੱਡੇ ਦਿਹਾੜੇ (ਭਾਵ ਕਿਆਮਤ) ਦੀ ਪੇਸ਼ੀ ਦਾ ਇਨਕਾਰ ਕੀਤਾ।

فَاخْتَلَفَ الْاَحْزَابُ مِنْۢ بَيْنِهِمْ ۚ فَوَيْلٌ لِّلَّذِيْنَ كَفَرُوْا مِنْ مَّشْهَدِ يَوْمٍ عَظِيْمٍ ﴿٣٧﴾

38 ਉਹ ਲੋਕ ਕਿੰਨਾ ਵਧੀਆ ਵੇਖਣ ਵਾਲੇ ਤੇ ਸੁਣਨ ਵਾਲੇ ਹੋਣਗੇ ਜਦੋਂ (ਕਿਆਮਤ ਦਿਹਾੜੇ) ਉਹ ਕਾਫ਼ਿਰ ਸਾਡੇ ਕੋਲ ਆਉਣਗੇ ਪਰ ਅੱਜ ਦੇ ਦਿਨ ਤਾਂ ਇਹ ਜ਼ਾਲਮ ਲੋਕ ਸਪਸ਼ਟ ਕੁਰਾਹੇ ਪਏ ਹੋਏ ਹਨ।

اَسْمِعْ بِهِمْ وَاَبْصِرْ ۙ يَوْمَ يَاْتُوْنَنَا لٰكِنِ الظّٰلِمُوْنَ الْيَوْمَ فِيْ ضَلٰلٍ مُّبِيْنٍ ﴿٣٨﴾

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 116/2

[2] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 103/3

39. (ਹੇ ਨਬੀ !) ਤੁਸੀਂ ਇਹਨਾਂ (ਕਾਫ਼ਿਰਾਂ) ਨੂੰ ਉਸ ਦੁਖ ਭਰੇ ਦਿਨ ਤੋਂ ਡਰਾਓ ਜਦੋਂ ਸਾਰੇ ਮਾਮਲਿਆਂ ਦਾ ਨਬੇੜਾ ਕਰ ਦਿੱਤਾ ਜਾਵੇਗਾ ਪਰ ਅੱਜ (ਸੰਸਾਰ ਵਿਚ) ਇਹ ਲੋਕੀ ਭੁਲੇਖੇ ਵਿਚ ਹਨ[1] ਉਹ ਈਮਾਨ ਨਹੀਂ ਲਿਆਉਣਗੇ।

وَأَنذِرْهُمْ يَوْمَ الْحَسْرَةِ إِذْ قُضِيَ الْأَمْرُ وَهُمْ فِي غَفْلَةٍ وَهُمْ لَا يُؤْمِنُونَ ﴿٣٩﴾

40. ਅੰਤ ਨੂੰ ਅਸਾਂ ਹੀ ਧਰਤੀ ਦੇ ਅਤੇ ਸਾਰੇ ਧਰਤੀ ਵਾਲਿਆਂ ਦੇ ਵਾਰਸ ਹੋਵਾਂਗੇ ਅਤੇ ਸਾਰੇ ਹੀ ਲੋਕੀ ਸਾਡੇ ਵੱਲ ਹੀ ਪਰਤਾਏ ਜਾਣਗੇ।

إِنَّا نَحْنُ نَرِثُ الْأَرْضَ وَمَنْ عَلَيْهَا وَإِلَيْنَا يُرْجَعُونَ ﴿٤٠﴾

41. (ਹੇ ਨਬੀ !) ਇਸੇ ਕਿਤਾਬ (ਕੁਰਆਨ) ਵਿੱਚੋਂ ਇਬਰਾਹੀਮ ਦਾ ਵੀ ਕਿੱਸਾ ਬਿਆਨ ਕਰੋ, ਬੇਸ਼ੱਕ ਉਹ (ਇਬਰਾਹੀਮ) ਇਕ ਸੱਚਾ ਨਬੀ ਸੀ।

وَاذْكُرْ فِي الْكِتَابِ إِبْرَاهِيمَ ۚ إِنَّهُ كَانَ صِدِّيقًا نَّبِيًّا ﴿٤١﴾

42. ਜਦੋਂ ਉਸ ਨੇ ਆਪਣੇ ਪਿਤਾ ਨੂੰ ਕਿਹਾ ਕਿ ਹੇ ਮੇਰੇ ਪਿਤਾ ਜੀ। ਤੁਸੀਂ ਇਨ੍ਹਾਂ (ਦੇਵੀ ਦੇਵਤਿਆਂ) ਨੂੰ ਕਿਉਂ ਪੂਜਦੇ ਹੋ ਜੋ ਨਾ ਕੁੱਝ ਸੁਣਨ, ਨਾ ਹੀ ਵੇਖਣ ਤੇ ਨਾ ਹੀ ਤੁਹਾਡੇ ਕਿਸੇ ਕੰਮ ਆਉਣ?

إِذْ قَالَ لِأَبِيهِ يَا أَبَتِ لِمَ تَعْبُدُ مَا لَا يَسْمَعُ وَلَا يُبْصِرُ وَلَا يُغْنِي عَنكَ شَيْئًا ﴿٤٢﴾

---

[1] ਜਦੋਂ ਕਿਆਮਤ ਦੀ ਘਟਨਾ ਵਾਪਰੇਗੀ ਤਾਂ ਇਨਕਾਰੀਆਂ ਦੀਆਂ ਅੱਖਾਂ ਖੁੱਲ੍ਹੀਆਂ ਰਹਿ ਜਾਣਗੀਆਂ ਅਤੇ ਅਫ਼ਸੋਸ ਕਰਨਗੇ ਪਰ ਹੁਣ ਇਸ ਦੀ ਭਰਪਾਈ ਨਹੀਂ ਹੋ ਸਕਦੀ ਕਿਉਂ ਜੋ ਉੱਥੇ ਜਿਹੜਾ ਵੀ ਕੋਈ ਆਰਾਮ ਤੇ ਖ਼ੁਸ਼ੀ ਵਿਚ ਹੋਵੇਗਾ ਉਹ ਸਦਾ ਲਈ ਹੋਵੇਗਾ ਅਤੇ ਜਿਹੜਾ ਅਜ਼ਾਬ ਵਿਚ ਫਸਿਆ ਹੋਵੇਗਾ ਉਹ ਵੀ ਸਦਾ ਲਈ ਹੋਵੇਗਾ। ਇਕ ਹਦੀਸ ਵਿਚ ਅੱਲਾਹ ਦੇ ਰਸੂਲ (ਸ) ਨੇ ਫ਼ਰਮਾਇਆ "ਕਿਆਮਤ ਦਿਹਾੜੇ ਮੌਤ ਨੂੰ ਇਕ ਚਿਤਕਬਰੇ ਮਿੰਢੇ ਦੀ ਸ਼ਕਲ ਵਿਚ ਲਿਆਇਆ ਜਾਵੇਗਾ ਅਤੇ ਫੇਰ ਇਕ ਆਵਾਜ਼ ਦੇਣ ਵਾਲੀ ਆਵਾਜ਼ ਦੇਵੇਗਾ ਕਿ ਹੇ ਜੰਨਤੀਓ। ਜਦੋਂ ਉਹ ਗਰਦਨ ਚੁੱਕ ਕੇ ਵੇਖਣਗੇ ਕਿ ਉਹਨਾਂ ਨੂੰ ਕਿਹਾ ਜਾਵੇਗਾ ਕੀ ਤੁਸੀਂ ਇਸ ਨੂੰ ਜਾਣਦੇ ਹੋ? ਤਾਂ ਉਹ ਆਖਣਗੇ ਕਿ ਹਾਂ ਜਾਣਦੇ ਹਾਂ ਇਹ ਤਾਂ ਮੌਤ ਹੈ ਕਿਉਂ ਜੋ ਇਸ ਨੂੰ ਸਾਰੇ ਹੀ ਵੇਖ ਚੁੱਕੇ ਹਨ। ਫੇਰ ਦੁਬਾਰਾ ਪੁੱਛਿਆ ਜਾਵੇਗਾ ਹੇ ਨਰਕੀਓ ਉਹ ਵੀ ਗਰਦਨ ਚੁੱਕਣਗੇ ਤਾਂ ਉਹਨਾਂ ਨੂੰ ਵੀ ਪੁੱਛਿਆ ਜਾਵੇਗਾ ਕਿ ਕੀ ਤੁਸੀਂ ਇਸ ਨੂੰ ਜਾਣਦੇ ਹੋ? ਉਹ ਕਹਿਣਗੇ ਕਿ ਹਾਂ। ਇਹ ਤਾਂ ਮੌਤ ਹੈ ਕਿਉਂ ਜੋ ਉਸ ਸਮੇਂ ਤਕ ਸਾਰੇ ਹੀ ਉਸ ਨੂੰ ਵੇਖ ਚੁੱਕੇ ਹੋਣਗੇ, ਫੇਰ ਇਸ ਮੀਢੇ ਨੂੰ ਜ਼ਿਬਹ ਕੀਤਾ ਜਾਵੇਗਾ ਅਤੇ ਮਨਾਦੀ ਕਰਨ ਵਾਲਾ ਆਖੇਗਾ ਕਿ ਹੇ ਸਵਰਗ ਵਾਲਿਓ। ਤੁਸੀਂ ਸਦਾ ਲਈ ਇਸ ਵਿਚ ਰਹੋਗੇ ਹੁਣ ਤੁਹਾਨੂੰ ਮੌਤ ਨਹੀਂ ਆਵੇਗੀ ਅਤੇ ਹੇ ਨਰਕ ਵਾਲਿਓ। ਤੁਸੀਂ ਸਦਾ ਇਸੇ ਵਿਚ ਰਹੋਗੇ ਹੁਣ ਤੁਹਾਨੂੰ ਮੌਤ ਨਹੀਂ ਆਵੇਗੀ ਫੇਰ ਇਸ ਤੋਂ ਬਾਅਦ ਰਸੂਲ (ਸ) ਨੇ ਇਸੇ ਆਇਤ ਦਾ ਪਾਠ ਕੀਤਾ। (ਸਹੀ ਬੁਖ਼ਾਰੀ, ਹਦੀਸ: 4730)

43. ਮੇਰੇ ਪਿਆਰੇ ਪਿਤਾ ਜੀ ਬੇਸ਼ੱਕ ਮੇਰੇ ਕੋਲ (ਮੇਰੇ ਰੱਬ ਵਲੋਂ) ਅਜਿਹਾ ਗਿਆਨ ਆਇਆ ਹੈ ਜਿਹੜਾ ਤੁਹਾਡੇ ਕੋਲ ਨਹੀਂ ਹੈ ਸੋ ਤੁਸੀਂ ਮੇਰੀ ਮੰਨੋ ਮੈਂ ਤੁਹਾਨੂੰ ਸਿੱਧੀ ਰਾਹ ਦਰਸਾਵਾਂਗਾ।

يٰٓاَبَتِ اِنِّىْ قَدْ جَآءَنِىْ مِنَ الْعِلْمِ مَا لَمْ يَاْتِكَ فَاتَّبِعْنِىْٓ اَهْدِكَ صِرَاطًا سَوِيًّا (43)

44 ਪਿਤਾ ਜੀ, ਤੁਸੀਂ ਸ਼ੈਤਾਨ ਦੀ ਬੰਦਗੀ ਨਾ ਕਰੋ। ਬੇਸ਼ੱਕ ਸ਼ੈਤਾਨ ਤਾਂ ਰਹਿਮਾਨ (ਭਾਵ ਅੱਲਾਹ) ਦਾ ਨਾ-ਫ਼ਰਮਾਨ ਹੈ।

يٰٓاَبَتِ لَا تَعْبُدِ الشَّيْطٰنَ ۭ اِنَّ الشَّيْطٰنَ كَانَ لِلرَّحْمٰنِ عَصِيًّا (44)

45. ਪਿਤਾ ਜੀ ਮੈਨੂੰ ਡਰ ਹੈ ਕਿ ਤੁਹਾਡੇ ਉੱਤੇ ਰਹਿਮਾਨ ਵੱਲੋਂ ਕੋਈ ਅਜ਼ਾਬ ਨਾ ਆ ਜਾਵੇ ਫੇਰ ਤੁਸੀਂ ਸ਼ੈਤਾਨ ਦੇ ਸਾਥੀ ਬਣ ਜਾਓ।

يٰٓاَبَتِ اِنِّىْٓ اَخَافُ اَنْ يَّمَسَّكَ عَذَابٌ مِّنَ الرَّحْمٰنِ فَتَكُوْنَ لِلشَّيْطٰنِ وَلِيًّا (45)

46. (ਪਿਤਾ) ਆਜ਼ਰ ਨੇ ਆਖਿਆ ਕਿ ਹੇ ਇਬਰਾਹੀਮ! ਕੀ ਤੂੰ ਮੇਰੇ ਇਸ਼ਟਾਂ ਤੋਂ ਮੂੰਹ ਫੇਰ ਲਿਆ ਹੈ? ਜੇ ਤੂੰ ਬਾਜ਼ ਨਾ ਆਇਆ ਤਾਂ ਮੈਂ ਪੱਥਰ ਮਾਰ ਮਾਰ ਕੇ ਤੈਨੂੰ ਮਾਰ ਦਿਆਂਗਾ ਜਾਂ ਤੂੰ ਸਦਾ ਲਈ ਮੈਥੋਂ ਦੂਰ ਚਲਿਆ ਜਾ।

قَالَ اَرَاغِبٌ اَنْتَ عَنْ اٰلِهَتِىْ يٰٓاِبْرٰهِيْمُ ۚ لَىِٕنْ لَّمْ تَنْتَهِ لَاَرْجُمَنَّكَ وَاهْجُرْنِىْ مَلِيًّا (46)

47. (ਇਬਰਾਹੀਮ ਨੇ) ਕਿਹਾ ਕਿ ਚੰਗਾ ਤੁਸੀਂ ਸਲਾਮਤ ਰਹੋ, ਮੈਂ ਛੇਤੀ ਹੀ ਤੁਹਾਡੀ ਬਖ਼ਸ਼ਿਸ਼ ਲਈ ਆਪਣੇ ਰੱਬ ਤੋਂ ਦੁਆ ਕਰਾਂਗਾ ਬੇਸ਼ੱਕ ਉਹ ਮੇਰੇ 'ਤੇ ਅਤਿ ਮਿਹਰਬਾਨ ਹੈ।

قَالَ سَلٰمٌ عَلَيْكَ ۚ سَاَسْتَغْفِرُ لَكَ رَبِّىْ ۭ اِنَّهٗ كَانَ بِىْ حَفِيًّا (47)

48 ਮੈਂ ਤਾਂ ਤੁਹਾਨੂੰ ਵੀ ਛੱਡਦਾ ਹਾਂ ਅਤੇ ਉਹਨਾਂ ਨੂੰ ਵੀ ਛੱਡਦਾ ਹਾਂ ਜਿਨ੍ਹਾਂ ਨੂੰ ਤੁਸੀਂ ਰੱਬ ਨੂੰ ਛੱਡ ਕੇ ਪੁਕਾਰਦੇ ਹੋ। ਮੈਂ ਤਾਂ ਕੇਵਲ ਆਪਣੇ ਰੱਬ ਨੂੰ ਹੀ (ਆਪਣੀ ਮਦਦ ਲਈ) ਪੁਕਾਰਦਾ ਹਾਂ। ਮੈਨੂੰ ਆਸ ਹੈ ਕਿ ਮੈਂ ਆਪਣੇ ਰੱਬ ਨੂੰ ਪੁਕਾਰ ਕੇ ਨਾ-ਮੁਰਾਦ ਨਹੀਂ ਰਹਾਂਗਾ।

وَاَعْتَزِلُكُمْ وَمَا تَدْعُوْنَ مِنْ دُوْنِ اللّٰهِ وَاَدْعُوْا رَبِّىْ ڮ عَسٰٓى اَلَّآ اَكُوْنَ بِدُعَاۗءِ رَبِّىْ شَقِيًّا (48)

49. ਜਦੋਂ ਉਹ (ਇਬਰਾਹੀਮ) ਉਹਨਾਂ (ਬਸਤੀ ਵਾਲਿਆਂ) ਤੋਂ ਅਤੇ ਜਿਨ੍ਹਾਂ ਨੂੰ ਉਹ ਅੱਲਾਹ ਨੂੰ ਛੱਡ ਕੇ ਪੂਜਦੇ ਸੀ, ਅੱਡ ਹੋ ਗਿਆ, ਫੇਰ ਅਸੀਂ

فَلَمَّا اعْتَزَلَهُمْ وَمَا يَعْبُدُوْنَ مِنْ دُوْنِ اللّٰهِ ۙ وَهَبْنَا لَهٗٓ اِسْحٰقَ وَيَعْقُوْبَ ۭ وَكُلًّا جَعَلْنَا نَبِيًّا (49)

ਉਸ ਨੂੰ ਇਸਹਾਕ (ਪੁੱਤਰ) ਅਤੇ ਯਾਕੂਬ (ਪੋਤਰਾ) ਜਿਹੀ ਔਲਾਦ ਬਖ਼ਸ਼ੀ ਅਤੇ ਅਸੀਂ ਉਨ੍ਹਾਂ ਸਭ ਨੂੰ ਨਬੀ ਬਣਾਇਆ।

50. ਅਸਾਂ ਉਹਨਾਂ ਨੂੰ ਆਪਣੀ ਮਿਹਰ ਨਾਲ ਨਿਵਾਜਿਆ ਅਤੇ ਉਹਨਾਂ ਲਈ ਸੱਚਾਈ ਦੇ ਬੋਲਾਂ ਨੂੰ ਉਚਾਈ (ਪ੍ਰਸਿੱਧੀ) ਬਖ਼ਸ਼ੀ।[1]

وَوَهَبْنَا لَهُم مِّن رَّحْمَتِنَا وَجَعَلْنَا لَهُمْ لِسَانَ صِدْقٍ عَلِيًّا ﴿٥٠﴾

51. (ਹੇ ਨਬੀ ਸ:!) ਇਸ ਕਿਤਾਬ (ਕੁਰਆਨ) ਵਿਚੋਂ ਮੂਸਾ ਦਾ ਵੀ ਕਿੱਸਾ ਬਿਆਨ ਕਰੋ, ਉਹ 'ਚੋਣਵਾਂ' ਰਸੂਲ (ਨਬੀ) ਸੀ।

وَاذْكُرْ فِي الْكِتَابِ مُوسَىٰ ۚ إِنَّهُ كَانَ مُخْلَصًا وَكَانَ رَسُولًا نَّبِيًّا ﴿٥١﴾

52 ਅਸੀਂ ਉਸ (ਮੂਸਾ) ਨੂੰ ਤੂਰ (ਪਹਾੜ) ਦੇ ਸੱਜੇ ਪਾਸਿਓਂ ਆਵਾਜ਼ ਦਿੱਤੀ ਅਤੇ ਭੇਤ ਭਰੀਆਂ ਗੱਲਾਂ ਕਰਨ ਲਈ ਨੇੜੇ ਕਰ ਲਿਆ।

وَنَادَيْنَاهُ مِن جَانِبِ الطُّورِ الْأَيْمَنِ وَقَرَّبْنَاهُ نَجِيًّا ﴿٥٢﴾

53 ਅਤੇ ਆਪਣੀ ਵਿਸ਼ੇਸ਼ ਕ੍ਰਿਪਾ ਕਰਦੇ ਹੋਏ ਉਸ ਦੇ ਭਰਾ (ਹਾਰੂਨ) ਨੂੰ ਵੀ ਨਬੀ ਬਣਾਇਆ।

وَوَهَبْنَا لَهُ مِن رَّحْمَتِنَا أَخَاهُ هَارُونَ نَبِيًّا ﴿٥٣﴾

54. ਇਸ ਕਿਤਾਬ (ਕੁਰਆਨ) ਵਿਚੋਂ ਇਸਮਾਈਲ ਦੀ ਵੀ ਚਰਚਾ ਕਰੋ ਉਹ ਵਾਅਦੇ ਦਾ ਪੱਕਾ ਸੀ ਰਸੂਲ ਤੇ ਨਬੀ ਸੀ।

وَاذْكُرْ فِي الْكِتَابِ إِسْمَاعِيلَ ۚ إِنَّهُ كَانَ صَادِقَ الْوَعْدِ وَكَانَ رَسُولًا نَّبِيًّا ﴿٥٤﴾

55. ਉਹ (ਇਸਮਾਈਲ) ਆਪਣੇ ਘਰ ਵਾਲਿਆਂ ਨੂੰ ਨਮਾਜ਼ ਤੇ ਜ਼ਕਾਤ ਦਾ ਹੁਕਮ ਦਿਆ ਕਰਦਾ ਸੀ। ਬੇਸ਼ੱਕ ਉਹ ਆਪਣੇ ਰੱਬ ਦਾ ਮਨ-ਭਾਉਂਦਾ ਬੰਦਾ ਸੀ।

وَكَانَ يَأْمُرُ أَهْلَهُ بِالصَّلَاةِ وَالزَّكَاةِ وَكَانَ عِندَ رَبِّهِ مَرْضِيًّا ﴿٥٥﴾

56 ਇਸ ਕਿਤਾਬ (ਕੁਰਆਨ) ਵਿਚ ਇਦਰੀਸ ਦੀ ਵੀ ਚਰਚਾ ਕਰੋ ਉਹ ਇਕ ਸੱਚਾ ਨਬੀ ਸੀ।

وَاذْكُرْ فِي الْكِتَابِ إِدْرِيسَ ۚ إِنَّهُ كَانَ صِدِّيقًا نَّبِيًّا ﴿٥٦﴾

57 ਅਤੇ ਅਸੀਂ ਉਸ (ਇਦਰੀਸ) ਨੂੰ ਇਕ ਉੱਚਾ ਸਥਾਨ ਬਖ਼ਸ਼ਿਆ ਸੀ।

وَرَفَعْنَاهُ مَكَانًا عَلِيًّا ﴿٥٧﴾

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 135/2 ਅਤੇ ਸੂਰਤ ਅਨ-ਨਹਲ, ਹਾਸ਼ੀਆ ਆਇਤ 121/16

58. ਇਹ ਉਹ ਪੈਗੰਬਰ ਹਨ ਜਿਨ੍ਹਾਂ ਨੂੰ ਅੱਲਾਹ ਨੇ ਇਨਾਮ ਨਾਲ ਨਿਵਾਜ਼ਿਆ, ਜੋ ਕਿ ਆਦਮ ਦੀ ਸੰਤਾਨ ਵਿੱਚੋਂ ਸਨ ਅਤੇ ਉਹਨਾਂ ਲੋਕਾਂ ਦੀ ਨਸਲ ਵਿੱਚੋਂ ਸਨ ਜਿਨ੍ਹਾਂ ਨੂੰ ਅਸੀਂ ਨੂਹ ਦੇ ਸੰਗ ਕਿਸ਼ਤੀ 'ਤੇ ਸਵਾਰ ਕੀਤਾ ਸੀ ਅਤੇ ਇਬਰਾਹੀਮ ਤੇ ਇਸਰਾਈਲ (ਯਾਕੂਬ) ਦੇ ਵੰਸ਼ ਵਿੱਚੋਂ ਸਨ। ਜਿਨ੍ਹਾਂ ਲੋਕਾਂ ਨੂੰ ਅਸੀਂ ਆਪਣੇ ਵੱਲੋਂ ਹਿਦਾਇਤ ਬਖ਼ਸ਼ੀ ਅਤੇ (ਪੈਗੰਬਰੀ ਲਈ) ਚੁਣ ਲਿਆ, ਜਦੋਂ ਉਹਨਾਂ ਦੇ ਸਾਹਮਣੇ ਰਹਿਮਾਨ ਦੀਆਂ ਆਇਤਾਂ (ਕੁਰਆਨ) ਦੀ ਪੜ੍ਹਾਈ ਕੀਤੀ ਜਾਂਦੀ ਸੀ ਤਾਂ ਉਹ ਰੋਂਦੇ ਹੋਏ ਸਿਜਦੇ ਵਿਚ ਡਿਗ ਪੈਂਦੇ ਸਨ।[1]

أُولَٰئِكَ الَّذِينَ أَنْعَمَ اللَّهُ عَلَيْهِم مِّنَ النَّبِيِّينَ مِن ذُرِّيَّةِ آدَمَ وَمِمَّنْ حَمَلْنَا مَعَ نُوحٍ وَمِن ذُرِّيَّةِ إِبْرَاهِيمَ وَإِسْرَائِيلَ وَمِمَّنْ هَدَيْنَا وَاجْتَبَيْنَا ۚ إِذَا تُتْلَىٰ عَلَيْهِمْ آيَاتُ الرَّحْمَٰنِ خَرُّوا سُجَّدًا وَبُكِيًّا ۩ ٥٨

59. ਫੇਰ ਉਹਨਾਂ ਤੋਂ ਬਾਅਦ ਕੁੱਝ ਅਜਿਹੇ ਅਯੋਗ ਜਾਨਸ਼ੀਨ ਬਣੇ ਕਿ ਉਹ ਨਮਾਜ਼ਾਂ ਨੂੰ ਅਜਾਈਂ ਕਰਦੇ ਰਹੇ ਅਤੇ ਆਪਣੀਆਂ ਇੱਛਾਵਾਂ ਦੇ ਪਿੱਛੇ ਹੀ ਲੱਗੇ ਰਹੇ।[2] ਛੇਤੀ ਹੀ ਉਹਨਾਂ ਨੂੰ ਹਲਾਕਤ ਤੇ ਗੁਮਰਾਹੀ ਦਾ ਫਲ ਭੁਗਤਣਾ ਪਵੇਗਾ।

فَخَلَفَ مِن بَعْدِهِمْ خَلْفٌ أَضَاعُوا الصَّلَاةَ وَاتَّبَعُوا الشَّهَوَاتِ ۖ فَسَوْفَ يَلْقَوْنَ غَيًّا ٥٩

60. ਪਰ ਜਿਹੜੇ ਲੋਕ ਤੌਬਾ ਕਰ ਲੈਣ ਅਤੇ ਈਮਾਨ ਲਿਆਉਣ ਅਤੇ ਨੇਕ ਅਮਲ ਵੀ ਕਰਨ, ਅਜਿਹੇ ਲੋਕ ਹੀ ਜੰਨਤ ਵਿਚ ਜਾਣਗੇ ਅਤੇ ਉਹਨਾਂ ਦਾ ਭੋਰਾ ਭਰ ਵੀ ਹੱਕ ਨਹੀਂ ਮਾਰਿਆ ਜਾਵੇਗਾ।[3]

إِلَّا مَن تَابَ وَآمَنَ وَعَمِلَ صَالِحًا فَأُولَٰئِكَ يَدْخُلُونَ الْجَنَّةَ وَلَا يُظْلَمُونَ شَيْئًا ٦٠

[1] ਕੁਰਆਨ ਪੜ੍ਹਨ ਵਾਲਾ ਜਦੋਂ ਇਹ ਆਇਤ ਪੜ੍ਹੇ ਤਾਂ ਕਿਬਲਾ ਵੱਲ ਮੂੰਹ ਕਰਕੇ ਅੱਲਾਹ ਦੇ ਹਜ਼ੂਰ ਸਿਜਦਾ ਕਰੇ ਜਿਸ ਵਿਚ ਦੁਆਵਾਂ ਪੜ੍ਹੇ ਜਿਨ੍ਹਾਂ ਦਾ ਅਰਥ ਹੈ ਕਿ ਹੇ ਅੱਲਾਹ! ਮੇਰੇ ਲਈ ਆਪਣੇ ਕੋਲ ਤੋਂ ਇਸ ਕੁਰਆਨ ਨੂੰ ਪੜ੍ਹਣ ਦਾ ਸਵਾਬ ਲਿਖ ਦੇ ਅਤੇ ਬਦਲ਼ ਵਿਚ ਮੈਨੂੰ ਗੁਨਾਹਾਂ ਤੋਂ ਪਾਕ ਕਰ ਅਤੇ ਮੇਰੇ ਵੱਲੋਂ ਇਸ ਪੜ੍ਹਾਈ ਨੂੰ ਆਪਣੇ ਕੋਲ ਜਮ੍ਹਾਂ ਕਰ ਲੈ ਅਤੇ ਮੇਰੇ ਵੱਲੋਂ ਇਸ ਦੇ ਪੜ੍ਹਣ ਨੂੰ ਕਬੂਲ ਕਰ ਜਿਵੇਂ ਤੂੰ ਆਪਣੇ ਬੰਦੇ ਦਾਊਦ ਅਸ ਦੇ ਪੜ੍ਹਣ ਨੂੰ ਕਬੂਲ ਕੀਤਾ ਸੀ। (ਇਬਨੇ ਮਾਜਾ, ਹਦੀਸ: 1053, ਜਾਮਏ ਤਿਰਮਜ਼ੀ, ਹਦੀਸ 3424, 579)

[2] ਜਿਵੇਂ ਸ਼ਰਾਬ ਆਦਿ ਦਾ ਨਸ਼ਾ ਕਰਨਾ, ਝੂਠੀ ਗਵਾਹੀ ਦੇਣਾ, ਹਰਾਮ ਖਾਣਾ, ਜ਼ਨਾ ਕਰਨਾ, ਲੋਕਾਂ ਦੇ ਹੱਕ ਮਾਰਨਾ, ਚੋਰੀ, ਚੁੱਗਲੀ ਆਦਿ ਕਰਨਾ, ਝੂਠੇ ਇਲਜ਼ਾਮ, ਨਾ-ਹੱਕਾ ਕਤਲ ਆਦਿ ਕਰਨਾ ਸ਼ਾਮਲ ਹਨ।

[3] ਵੇਖੋ ਸੂਰਤ ਅਤ-ਤੌਬਾ, ਹਾਸ਼ੀਆ ਆਇਤ 121/9

جنت عدن التي وعد الرحمن عباده بالغيب ۚ إنه كان وعده مأتيا ﴿٦١﴾

61. ਇਹ ਜੰਨਤਾਂ ਸਦੀਵੀ ਹਨ ਜਿਨ੍ਹਾਂ ਦਾ ਵਾਅਦਾ ਰਹਿਮਾਨ ਨੇ ਆਪਣੇ ਆਗਿਆਕਾਰੀ ਬੰਦਿਆਂ ਨਾਲ ਅਣ-ਡਿੱਠਿਆਂ ਹੀ ਕੀਤਾ ਹੋਇਆ ਹੈ। ਨਿਰਸੰਦੇਹ, ਉਸ (ਰੱਬ) ਦਾ ਇਹ ਵਾਅਦਾ ਪੂਰਾ ਹੋ ਕੇ ਰਹੇਗਾ।

لا يسمعون فيها لغوا إلا سلاما ۖ ولهم رزقهم فيها بكرة وعشيا ﴿٦٢﴾

62. ਉਹ ਲੋਕ ਉੱਥੇ (ਜੰਨਤ ਵਿਚ) ਛੁੱਟ ਸਲਾਮ ਤੋਂ, ਕੋਈ ਬੇਹੂਦਾ ਗੱਲਾਂ ਨਹੀਂ ਸੁਣਨਗੇ। ਉੱਥੇ ਉਹਨਾਂ ਲਈ ਸਵੇਰੇ-ਸ਼ਾਮ ਰਿਜ਼ਕ ਹੋਵੇਗਾ।

تلك الجنة التي نورث من عبادنا من كان تقيا ﴿٦٣﴾

63. ਇਹ ਉਹ ਸਵਰਗ ਹੈ ਜਿਸ ਦਾ ਵਾਰਸ ਅਸੀਂ ਆਪਣੇ ਬੰਦਿਆਂ ਵਿੱਚੋਂ ਉਹਨਾਂ ਨੂੰ ਬਣਾਉਂਦੇ ਹਾਂ ਜਿਹੜੇ ਪਰਹੇਜ਼ਗਾਰ ਹੁੰਦੇ ਹਨ।

وما نتنزل إلا بأمر ربك ۖ له ما بين أيدينا وما خلفنا وما بين ذلك ۚ وما كان ربك نسيا ﴿٦٤﴾

64 (ਹੇ ਨਬੀ!) ਅਸੀਂ (ਭਾਵ ਫ਼ਰਿਸ਼ਤੇ) ਤੁਹਾਡੇ ਰੱਬ ਦੀ ਆਗਿਆ ਨਾਲ ਹੀ (ਧਰਤੀ 'ਤੇ) ਉੱਤਰਦੇ ਹਾਂ, ਜੋ ਸਾਡੇ ਅੱਗੇ ਹੈ ਤੇ ਜੋ ਸਾਡੇ ਪਿੱਛੇ ਹੈ ਅਤੇ ਜੋ ਉਹਨਾਂ ਦੇ ਵਿਚਕਾਰ ਹੈ ਉਹ ਸਭ ਉਸੇ ਦਾ ਹੈ ਅਤੇ ਤੁਹਾਡਾ ਰੱਬ ਭੁੱਲਣ ਵਾਲਾ ਨਹੀਂ।

رب السماوات والأرض وما بينهما فاعبده واصطبر لعبادته ۚ هل تعلم له سميا ﴿٦٥﴾

65. ਅਕਾਸ਼ਾਂ ਤੇ ਧਰਤੀ ਦਾ ਅਤੇ ਜੋ ਵੀ ਇਹਨਾਂ ਦੇ ਵਿਚਕਾਰ ਹੈ, ਸਭ ਦਾ ਮਾਲਿਕ ਉਹੀਓ ਹੈ ਸੋ ਤੁਸੀਂ ਉਸੇ ਦੀ ਇਬਾਦਤ ਕਰੋ ਤੇ ਉਸੇ ਦੀ ਇਬਾਦਤ 'ਤੇ ਕਾਇਮ ਰਹੋ। ਕੀ ਤੁਸੀਂ ਉਸ ਜਿਹਾ ਕੋਈ ਨਾਂ ਹੋਰ ਵੀ ਜਾਣਦੇ ਹੋ?[1]

ويقول الإنسان أإذا ما مت لسوف أخرج حيا ﴿٦٦﴾

66. ਮਨੁੱਖ ਆਖਦਾ ਹੈ ਕਿ ਜਦੋਂ ਮੈਂ ਮਰ ਜਾਵਾਂਗਾ ਤਾਂ ਕੀ ਮੈਂ ਮੁੜ (ਕਬਰਾਂ 'ਚੋਂ) ਜਿਊਂਦਾ ਕੱਢਿਆ ਜਾਵਾਂਗਾ?

أولا يذكر الإنسان أنا خلقناه من قبل ولم يك شيئا ﴿٦٧﴾

67 ਕੀ ਇਹ ਮਨੁੱਖ ਇਹ ਵੀ ਨਹੀਂ ਜਾਣਦਾ ਕਿ ਅਸੀਂ ਇਸ ਨੂੰ ਇਸ ਤੋਂ ਪਹਿਲਾਂ ਪੈਦਾ ਕਰ ਚੁੱਕੇ ਹਾਂ ਜਦੋਂ ਕਿ ਉਹ ਕੁੱਝ ਵੀ ਨਹੀਂ ਸੀ।

---

1 ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 73/3

38

68. ਤੇਰੇ ਰੱਬ ਦੀ ਸੁੰਹ ਅਸੀਂ ਜ਼ਰੂਰ ਹੀ ਇਹਨਾਂ (ਕਾਫ਼ਿਰਾਂ) ਨੂੰ ਸ਼ੈਤਾਨਾਂ ਦੇ ਨਾਲ ਇਕੱਠਾ ਕਰਾਂਗੇ ਫੇਰ ਅਸੀਂ ਜ਼ਰੂਰ ਹੀ ਇਹਨਾਂ ਨੂੰ ਨਰਕ ਦੇ ਆਲੇ-ਦੁਆਲੇ ਗੋਡਿਆਂ ਦੇ ਭਾਰ ਹਾਜ਼ਰ ਕਰਾਂਗੇ।

فَوَرَبِّكَ لَنَحْشُرَنَّهُمْ وَالشَّيَاطِينَ ثُمَّ لَنُحْضِرَنَّهُمْ حَوْلَ جَهَنَّمَ جِثِيًّا ﴿68﴾

69. ਫੇਰ ਅਸੀਂ ਹਰੇਕ ਧੜੇ ਵਿੱਚੋਂ ਉਸ ਨੂੰ ਖਿਚ ਕੇ ਵੱਖ ਕਰ ਦੇਵਾਂਗੇ, ਜਿਹੜਾ ਇਹਨਾਂ ਵਿੱਚੋਂ ਰਹਿਮਾਨ ਦੇ ਵਿਰੁੱਧ ਸਰਕਸ਼ੀ ਵਿਚ ਵਧੇਰੇ ਸਖ਼ਤ ਸੀ।

ثُمَّ لَنَنْزِعَنَّ مِنْ كُلِّ شِيعَةٍ أَيُّهُمْ أَشَدُّ عَلَى الرَّحْمَٰنِ عِتِيًّا ﴿69﴾

70. ਫੇਰ ਅਸੀਂ ਉਹਨਾਂ ਨੂੰ ਵੀ ਚੰਗੀ ਤਰ੍ਹਾਂ ਜਾਣਦੇ ਹਾਂ ਜਿਹੜੇ ਨਰਕ ਵਿਚ ਜਾਣ ਦਾ ਵਧੇਰੇ ਹੱਕ ਰੱਖਦੇ ਹਨ।

ثُمَّ لَنَحْنُ أَعْلَمُ بِالَّذِينَ هُمْ أَوْلَىٰ بِهَا صِلِيًّا ﴿70﴾

71. ਤੁਹਾਡੇ (ਕਾਫ਼ਿਰਾਂ) 'ਚੋਂ ਕੋਈ ਵੀ ਅਜਿਹਾ ਨਹੀਂ ਜਿਹੜਾ ਨਰਕ ਤਕ ਨਾ ਪਹੁੰਚੇ,[1] ਜਿਸ ਨੂੰ ਪੂਰਾ ਕਰਨਾ ਤੁਹਾਡੇ ਰੱਬ ਦੀ ਜ਼ਿੰਮੇਵਾਰੀ ਹੈ ਅਤੇ ਇਹ ਹੋ ਕੇ ਰਹਿਣਾ ਹੈ।

وَإِنْ مِنْكُمْ إِلَّا وَارِدُهَا ۚ كَانَ عَلَىٰ رَبِّكَ حَتْمًا مَقْضِيًّا ﴿71﴾

72. ਫੇਰ ਅਸੀਂ ਪਰਹੇਜ਼ਗਾਰਾਂ ਨੂੰ ਤਾਂ ਬਚਾ ਲਵਾਂਗੇ ਅਤੇ ਜ਼ਾਲਮਾਂ ਨੂੰ ਉਸੇ ਨਰਕ ਵਿਚ ਗੋਡੇ ਭਾਰ ਡਿੱਗੇ ਪਏ ਛੱਡ ਦਿਆਂਗੇ।

ثُمَّ نُنَجِّي الَّذِينَ اتَّقَوْا وَنَذَرُ الظَّالِمِينَ فِيهَا جِثِيًّا ﴿72﴾

---

[1] ਇਸ ਆਇਤ ਦਾ ਵਿਆਖਿਆਣ ਹਦੀਸ ਦੀਆਂ ਕਿਤਾਬਾਂ ਵਿਚ ਇੰਜ ਕੀਤਾ ਗਿਆ ਹੈ, ਕਿ ਨਰਕ ਦੇ ਉੱਤੇ ਇਕ ਪੁਲ ਬਣਾਇਆ ਜਾਵੇਗਾ ਜਿਸ ਤੋਂ ਹਰੇਕ ਵਿਅਕਤੀ ਨੂੰ ਲੰਘਣਾ ਪਵੇਗਾ ਮੋਮਿਨ ਤਾਂ ਆਪਣੇ ਕਰਮਾਂ ਅਨੁਸਾਰ ਛੇਤੀ ਜਾਂ ਦੇਰੀ ਨਾਲ ਲੰਘ ਹੀ ਜਾਣਗੇ ਕੁੱਝ ਤਾਂ ਉਹਨਾਂ ਵਿੱਚੋਂ ਅੱਖ ਝਮਕਦੇ ਹੀ ਕੁੱਝ ਬਿਜਲੀ ਜਾਂ ਹਵਾਂ ਦੀ ਤਰ੍ਹਾਂ, ਕੁੱਝ ਪੰਛੀਆਂ ਵਾਂਗ ਅਤੇ ਕੁੱਝ ਘੋੜਿਆਂ ਅਤੇ ਦੂਜੀਆਂ ਸਵਾਰੀਆਂ ਵਾਂਗ ਲੰਘ ਜਾਣਗੇ ਐਵੇਂ ਹੀ ਕੁੱਝ ਠੀਕ-ਠਾਕ ਕੁੱਝ ਜ਼ਖ਼ਮੀ ਪੁਲ ਪਾਰ ਕਰ ਹੀ ਲੈਣਗੇ ਕੁੱਝ ਨਰਕ ਵਿਚ ਗਿਰ ਜਾਣਗੇ ਪਰ ਕੁੱਝ ਸਮੇਂ ਬਾਅਦ ਸਿਫ਼ਾਰਸ਼ ਦੁਆਰਾ ਉਹਨਾਂ ਨੂੰ ਕੱਢ ਲਿਆ ਜਾਵੇਗਾ ਪਰ ਕਾਫ਼ਿਰ ਉਸ ਪੁਲ ਨੂੰ ਪਾਰ ਨਹੀਂ ਕਰ ਸਕਣਗੇ ਉਹ ਸਾਰੇ ਨਰਕ ਵਿਚ ਡਿਗ ਜਾਣਗੇ ਇਸ ਗੱਲ ਦੀ ਪੁਸ਼ਟੀ ਇਸ ਹਦੀਸ ਤੋਂ ਵੀ ਹੁੰਦੀ ਹੈ ਕਿ "ਜਿਸ ਦੇ ਤਿੰਨ ਬੱਚੇ ਬਾਲਗ਼ ਹੋਣ ਤੋਂ ਪਹਿਲਾਂ ਹੀ ਮਰ ਜਾਣ ਉਹਨਾਂ ਨੂੰ ਅੱਗ ਨਹੀਂ ਛੂਵੇਗੀ ਪਰ ਇਹ ਕਸਮ ਹਲਾਲ ਲਈ ਹੈ"। (ਸਹੀ ਬੁਖ਼ਾਰੀ, ਹਦੀਸ: 1251, ਸਹੀ ਮੁਸਲਿਮ, ਹਦੀਸ: 2832)

• ਇਹ ਉਹੀਓ ਕਸਮ ਹੈ ਜਿਸ ਨੂੰ ਇਸੇ ਆਇਤ ਵਿਚ 'ਆਖ਼ਿਰੀ ਪੱਕਾ ਫ਼ੈਸਲਾ' ਕਿਹਾ ਗਿਆ ਹੈ ਭਾਵ ਇਸ ਦਾ ਵਿਰਦ ਨਰਕ ਦੇ ਪੁਲ ਸਰਾਤ ਉੱਤੋਂ ਲੰਘਣ ਤੱਕ ਹੀ ਹੋਵੇਗਾ। (ਅਹਸਨੁਲ ਬਿਆਨ)

73. ਜਦੋਂ ਉਹਨਾਂ ਦੇ ਸਾਹਮਣੇ ਸਾਡੀਆਂ ਸਪਸ਼ਟ ਆਇਤਾਂ ਪੜ੍ਹੀਆਂ ਜਾਂਦੀਆਂ ਹਨ ਤਾਂ ਕਾਫ਼ਿਰ ਮੁਸਲਮਾਨਾਂ ਨੂੰ ਆਖਦੇ ਹਨ ਕਿ ਦੱਸੋ ਸਾਡੇ ਦੋਹਾਂ ਧੜਿਆਂ ਵਿੱਚੋਂ ਕਿਹੜੇ ਧੜੇ ਦਾ ਦਰਜਾ ਉੱਚਾ ਹੈ ਅਤੇ ਕਿਸ ਦੀਆਂ ਸਭਾਵਾਂ ਵਧੇਰੇ ਸ਼ਾਨਦਾਰ ਹਨ।

وَإِذَا تُتْلَىٰ عَلَيْهِمْ آيَاتُنَا بَيِّنَاتٍ قَالَ الَّذِينَ كَفَرُوا لِلَّذِينَ آمَنُوا أَيُّ الْفَرِيقَيْنِ خَيْرٌ مَّقَامًا وَأَحْسَنُ نَدِيًّا (٧٣)

74. ਜਦ ਕਿ ਇਹਨਾਂ ਤੋਂ ਪਹਿਲਾਂ ਅਸੀਂ ਕਈ ਕੌਮਾਂ ਨੂੰ ਹਲਾਕ ਕਰ ਚੁੱਕੇ ਹਾਂ ਜਿਹੜੀਆਂ ਧਨ ਪਦਾਰਥ ਪੱਖੋਂ ਵੀ ਅਤੇ ਪ੍ਰਸਿੱਧੀ ਤੇ ਠਾਠ-ਬਾਠ ਵਿਚ ਵੀ ਇਹਨਾਂ ਤੋਂ ਕਿਤੇ ਵਾਧੂ ਸਨ।

وَكَمْ أَهْلَكْنَا قَبْلَهُم مِّن قَرْنٍ هُمْ أَحْسَنُ أَثَاثًا وَرِئْيًا (٧٤)

75 ਆਖ ਦਿਓ ਕਿ ਜਿਹੜਾ ਵਿਅਕਤੀ ਕੁਰਾਹੇ ਪੈ ਜਾਂਦਾ ਹੈ ਤਾਂ ਰਹਿਮਾਨ (ਅੱਲਾਹ) ਵੀ ਉਸ ਨੂੰ ਖੁੱਲ੍ਹੀ ਢਿੱਲ ਦੇ ਛੱਡਦਾ ਹੈ ਇੱਥੋਂ ਤੀਕ ਕਿ ਉਹ ਉਹਨਾਂ ਚੀਜ਼ਾਂ ਨੂੰ ਵੇਖ ਲੈਂਦਾ ਹੈ ਜਿਸ ਦਾ ਉਹਨਾਂ ਨਾਲ ਵਾਅਦਾ ਕੀਤਾ ਗਿਆ ਹੈ। ਉਸ ਸਮੇਂ ਉਹਨਾਂ ਨੂੰ ਪਤਾ ਲੱਗੇਗਾ ਕਿ ਕੌਣ ਭੈੜੇ ਹਾਲਾਂ ਵਿਚ ਹੈ ਅਤੇ ਕਿਸ ਦਾ ਜੱਥਾ ਲਾਓ-ਲਸ਼ਕਰ ਪੱਖੋਂ ਕਮਜ਼ੋਰ ਹੈ।

قُلْ مَن كَانَ فِي الضَّلَالَةِ فَلْيَمْدُدْ لَهُ الرَّحْمَٰنُ مَدًّا ۚ حَتَّىٰ إِذَا رَأَوْا مَا يُوعَدُونَ إِمَّا الْعَذَابَ وَإِمَّا السَّاعَةَ فَسَيَعْلَمُونَ مَنْ هُوَ شَرٌّ مَّكَانًا وَأَضْعَفُ جُندًا (٧٥)

76 ਅਤੇ ਹਿਦਾਇਤ ਵਾਲੀ ਰਾਹ ਤੁਰਨ ਵਾਲੇ ਲੋਕਾਂ ਦੀ ਹਿਦਾਇਤ ਵਿਚ ਅੱਲਾਹ ਵਾਧਾ ਕਰਦਾ ਰਹਿੰਦਾ ਹੈ। ਨੇਕੀਆਂ ਹੀ ਬਾਕੀ ਰਹਿਣ ਵਾਲੀਆਂ ਹਨ ਜਿਹੜੀਆਂ ਬਦਲੇ ਤੇ ਸਿੱਟੇ ਪੱਖੋਂ ਤੇਰੇ ਰੱਬ ਦੀਆਂ ਨਜ਼ਰਾਂ ਵਿਚ ਬਹੁਤ ਹੀ ਵਧੀਆ ਹਨ।

وَيَزِيدُ اللَّهُ الَّذِينَ اهْتَدَوْا هُدًى ۗ وَالْبَاقِيَاتُ الصَّالِحَاتُ خَيْرٌ عِندَ رَبِّكَ ثَوَابًا وَخَيْرٌ مَّرَدًّا (٧٦)

77. ਕੀ ਤੁਸੀਂ ਉਸ ਵਿਅਕਤੀ ਨੂੰ ਵੀ ਵੇਖਿਆ ਜਿਸ ਨੇ ਸਾਡੀਆਂ ਆਇਤਾਂ (ਹੁਕਮਾਂ) ਦਾ ਇਨਕਾਰ ਕੀਤਾ ਅਤੇ ਕਿਹਾ ਕਿ ਮੈਨੂੰ ਤਾਂ ਧਨ ਤੇ ਸੰਤਾਨ ਲਾਜ਼ਮੀ ਮਿਲੇਗੀ।

أَفَرَأَيْتَ الَّذِي كَفَرَ بِآيَاتِنَا وَقَالَ لَأُوتَيَنَّ مَالًا وَوَلَدًا (٧٧)

78. ਕੀ ਉਹ ਗ਼ੈਬ (ਪਰੋਖ) ਨੂੰ ਜਾਣਦਾ ਹੈ ਜਾਂ ਰਹਿਮਾਨ ਤੋਂ ਕੋਈ ਵਚਨ ਲੈ ਛੱਡਿਆ ਹੈ।

أَطَّلَعَ الْغَيْبَ أَمِ اتَّخَذَ عِندَ الرَّحْمَٰنِ عَهْدًا (٧٨)

كلا سنكتب ما يقول ونمد له من العذاب مدا ﴿٧٩﴾

79. ਕਦੇ ਵੀ ਨਹੀਂ। ਜੋ ਵੀ ਇਹ ਕਹਿ ਰਿਹਾ ਹੈ ਅਸੀਂ ਉਸ ਨੂੰ ਜ਼ਰੂਰ ਲਿਖ ਰੱਖਾਂਗੇ ਅਤੇ ਉਸ ਦੇ ਅਜ਼ਾਬ ਵਿਚ ਹੋਰ ਵਾਧਾ ਕਰ ਦੇਵਾਂਗੇ।

ونرثه ما يقول ويأتينا فردا ﴿٨٠﴾

80. ਜਿਨ੍ਹਾਂ ਚੀਜ਼ਾਂ ਦੀ (ਇਹ ਇਨਕਾਰੀ) ਗੱਲ ਕਰਦਾ ਹੈ (ਭਾਵ ਧਨ-ਦੌਲਤ, ਔਲਾਦ, ਲਾਓ ਲਸ਼ਕਰ ਆਦਿ) ਉਹਨਾਂ ਸਭਨਾ ਦੇ ਅਸੀਂ ਹੀ ਵਾਰਸ ਹਾਂ। ਇਹ ਤਾਂ ਇਕੱਲਾ ਹੀ ਸਾਡੇ ਕੋਲ ਆਵੇਗਾ।

واتخذوا من دون الله آلهة ليكونوا لهم عزا ﴿٨١﴾

81. ਉਹਨਾਂ ਨੇ ਅੱਲਾਹ ਨੂੰ ਛੱਡ ਦੂਜਿਆਂ ਨੂੰ ਇਸ਼ਟ ਬਣਾ ਲਿਆ ਹੈ ਤਾਂ ਜੋ ਉਹ ਉਹਨਾਂ ਦੀ (ਕਿਆਮਤ ਦਿਹਾੜੇ) ਮਦਦ ਕਰ ਸਕਣ।

كلا سيكفرون بعبادتهم ويكونون عليهم ضدا ﴿٨٢﴾

82. ਪਰ ਇੰਜ ਹੋਵੇਗਾ ਨਹੀਂ, ਉਹ (ਇਸ਼ਟ) ਤਾਂ ਉਹਨਾਂ ਲੋਕਾਂ ਵੱਲੋਂ ਕੀਤੀ ਗਈ ਬੰਦਗੀ ਦਾ ਇਨਕਾਰ ਕਰਨਗੇ ਸਗੋਂ ਉਹਨਾਂ ਦੇ ਵਿਰੋਧੀ ਬਣ ਜਾਣਗੇ।

ألم تر أنا أرسلنا الشياطين على الكافرين تؤزهم أزا ﴿٨٣﴾

83. ਕੀ ਤੁਸੀਂ ਨਹੀਂ ਵੇਖਿਆ ਕਿ ਅਸਾਂ ਕਾਫ਼ਿਰਾਂ ਉੱਤੇ ਸ਼ੈਤਾਨਾਂ ਨੂੰ ਛੱਡ ਰੱਖਿਆ ਹੈ ਜਿਹੜੇ ਇਹਨਾਂ ਨੂੰ (ਗੁਨਾਹਾਂ ਲਈ) ਪ੍ਰੇਰਿਤ ਕਰਦੇ ਹਨ।

فلا تعجل عليهم إنما نعد لهم عدا ﴿٨٤﴾

84. ਤੁਸੀਂ ਉਹਨਾਂ ਲਈ (ਅਜ਼ਾਬ ਪੱਖੋਂ) ਛੇਤੀ ਨਾ ਕਰੋ, ਅਸੀਂ ਤਾਂ ਬਸ ਇਹਨਾਂ ਦੇ ਦਿਨ ਗਿਣ ਰਹੇ ਹਾਂ।

يوم نحشر المتقين إلى الرحمن وفدا ﴿٨٥﴾

85. ਜਿਸ ਦਿਨ ਅਸੀਂ ਪਰਹੇਜ਼ਗਾਰਾਂ ਨੂੰ ਰਹਿਮਾਨ (ਅੱਲਾਹ) ਕੋਲ ਮਹਿਮਾਨਾਂ ਵਜੋਂ ਇਕੱਠਾ ਕਰਾਂਗੇ।

ونسوق المجرمين إلى جهنم وردا ﴿٨٦﴾

86. ਅਤੇ ਪਾਪੀਆਂ ਨੂੰ ਪਿਆਸ ਦੀ ਹਾਲਤ ਵਿਚ ਨਰਕ ਵੱਲ ਧਕਦੇ ਹੋਏ ਲੈ ਜਾਵਾਂਗੇ।

لا يملكون الشفاعة إلا من اتخذ عند الرحمن عهدا ﴿٨٧﴾

87. (ਉਸ ਵੇਲੇ) ਕਿਸੇ ਨੂੰ ਵੀ ਸਿਫ਼ਾਰਸ਼ ਕਰਨ ਦਾ ਅਧਿਕਾਰ ਨਹੀਂ ਹੋਵੇਗਾ, ਛੁੱਟ ਉਸ ਤੋਂ ਜਿਸ ਨੇ ਰਹਿਮਾਨ ਤੋਂ (ਸਿਫ਼ਾਰਸ਼ ਕਰਨ ਦਾ) ਵਚਨ ਲਿਆ ਹੋਵੇਗਾ।

88. ਇਹ (ਕਾਫ਼ਿਰ) ਆਖਦੇ ਹਨ ਕਿ ਰਹਿਮਾਨ ਦੇ ਵੀ ਔਲਾਦ ਹੈ।

وَقَالُوا اتَّخَذَ الرَّحْمَٰنُ وَلَدًا ﴿٨٨﴾

89. ਤੁਸੀਂ ਬਹੁਤ ਹੀ ਭੈੜੇ ਤੇ ਸਖ਼ਤ ਸ਼ਬਦ ਬੋਲ ਰਹੇ ਹੋ ਤੇ ਗੁਨਾਹ ਤਕ ਆ ਪਹੁੰਚੇ ਹੋ।

لَقَدْ جِئْتُمْ شَيْئًا إِدًّا ﴿٨٩﴾

90 ਨੇੜੇ ਹੈ ਕਿ ਤੁਹਾਡੇ ਇਸ ਕਥਣੀ ਕਾਰਨ ਅਕਾਸ਼ ਫਟ ਜਾਵੇ, ਧਰਤੀ ਟੋਟੇ-ਟੋਟੇ ਹੋ ਜਾਵੇ ਤੇ ਪਹਾੜ ਚੂਰਾ-ਚੂਰਾ ਹੋ ਕੇ ਡਿੱਗ ਪੈਣ।

تَكَادُ السَّمَاوَاتُ يَتَفَطَّرْنَ مِنْهُ وَتَنْشَقُّ الْأَرْضُ
وَتَخِرُّ الْجِبَالُ هَدًّا ﴿٩٠﴾

91. ਇਹ ਗੱਲ ਕਿ ਉਹਨਾਂ ਨੇ ਰਹਿਮਾਨ (ਅੱਲਾਹ) ਲਈ ਸੰਤਾਨ ਹੋਣ ਦਾ ਦਾਅਵਾ ਕੀਤਾ ਹੈ।

أَنْ دَعَوْا لِلرَّحْمَٰنِ وَلَدًا ﴿٩١﴾

92 ਇਹ ਗੱਲ ਰਹਿਮਾਨ ਨੂੰ ਸ਼ੋਭਾ ਨਹੀਂ ਦਿੰਦੀ ਕਿ ਉਸ ਦੇ ਔਲਾਦ ਹੋਵੇ।

وَمَا يَنْبَغِي لِلرَّحْمَٰنِ أَنْ يَتَّخِذَ وَلَدًا ﴿٩٢﴾

93. ਅਕਾਸ਼ ਤੇ ਧਰਤੀ ਵਿਚਕਾਰ ਜੋ ਕੁੱਝ ਵੀ ਹੈ ਸਾਰੇ ਦੇ ਸਾਰੇ ਰਹਿਮਾਨ ਦੇ ਸੇਵਕ ਬਣ ਕੇ ਹੀ (ਕਿਆਮਤ ਦਿਹਾੜੇ) ਹਾਜ਼ਰ ਹੋਣਗੇ।

إِنْ كُلُّ مَنْ فِي السَّمَاوَاتِ وَالْأَرْضِ إِلَّا
آتِي الرَّحْمَٰنِ عَبْدًا ﴿٩٣﴾

94. ਇਹਨਾਂ ਸਾਰਿਆਂ ਨੂੰ ਉਸ (ਅੱਲਾਹ) ਨੇ ਘੇਰਿਆ ਹੋਇਆ ਹੈ ਅਤੇ ਸਭ ਨੂੰ ਗਿਣ ਰੱਖਿਆ ਹੈ।

لَقَدْ أَحْصَاهُمْ وَعَدَّهُمْ عَدًّا ﴿٩٤﴾

95. ਇਹ ਸਾਰੇ ਕਿਆਮਤ ਦਿਹਾੜੇ ਉਸ (ਅੱਲਾਹ) ਦੇ ਹਜ਼ੂਰ ਇਕੱਲਾ ਇਕੱਲਾ ਹਾਜ਼ਰ ਹੋਣਗੇ।

وَكُلُّهُمْ آتِيهِ يَوْمَ الْقِيَامَةِ فَرْدًا ﴿٩٥﴾

96 ਬੇਸ਼ੱਕ ਜਿਹੜੇ ਈਮਾਨ ਲਿਆਏ ਤੇ ਨੇਕ ਅਮਲ ਕੀਤੇ, ਉਹਨਾਂ ਲਈ ਰਹਿਮਾਨ ਦਿਲਾਂ ਵਿਚ ਮੁਹੱਬਤ ਪੈਦਾ ਕਰ ਦੇਵੇਗਾ।[1]

إِنَّ الَّذِينَ آمَنُوا وَعَمِلُوا الصَّالِحَاتِ سَيَجْعَلُ
لَهُمُ الرَّحْمَٰنُ وُدًّا ﴿٩٦﴾

---

[1] ਧਰਤੀ 'ਤੇ ਲੋਕਾਂ ਦੇ ਦਿਲਾਂ ਵਿਚ ਅਤੇ ਅਕਾਸ਼ ਵਿਚ ਫ਼ਰਿਸ਼ਤਿਆਂ ਦੇ ਦਿਲਾਂ ਵਿਚ ਨੇਕ ਲੋਕਾਂ ਲਈ ਮੁਹੱਬਤ ਪੈਦਾ ਕਰ ਦੇਵੇਗਾ ਇਕ ਹਦੀਸ ਵਿਚ ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ ਜਦੋਂ ਅੱਲਾਹ ਕਿਸੇ ਵਿਅਕਤੀ ਨਾਲ ਮੁਹੱਬਤ ਕਰਦਾ ਹੈ ਤਾਂ ਉਹ ਜਿਬਰਾਈਲ ਅ:ਸ ਨੂੰ ਬੁਲਾ ਕੇ ਕਹਿੰਦਾ ਹੈ ਕਿ ਅੱਲਾਹ ਫਲਾਣੇ ਵਿਅਕਤੀ ਨਾਲ ਮੁਹੱਬਤ ਕਰਦਾ ਹੈ ਸੋ ਤੂੰ ਵੀ ਉਸ ਨਾਲ ਮੁਹੱਬਤ ਕਰ ਜਦੋਂ ਜਿਬਰਾਈਲ ਉਸ ਵਿਅਕਤੀ ਨਾਲ ਮੁਹੱਬਤ ਕਰਨ ਲੱਗ ਜਾਂਦਾ ਹੈ ਤਾਂ ਫੇਰ ਜਿਬਰਾਈਲ ਅਕਾਸ਼ ਵਾਲਿਆਂ ਵਿਚ ਐਲਾਨ ਕਰਦਾ ਹੈ ਕਿ ਅੱਲਾਹ ਫਲਾਣੇ

فَإِنَّمَا يَسَّرْنَٰهُ بِلِسَانِكَ لِتُبَشِّرَ بِهِ ٱلْمُتَّقِينَ وَتُنذِرَ بِهِۦ قَوْمًا لُّدًّا ٩٧

97. (ਹੇ ਨਬੀ !) ਬੇਸ਼ੱਕ ਅਸੀਂ ਇਸ (ਕੁਰਆਨ) ਨੂੰ ਤੁਹਾਡੀ ਭਾਸ਼ਾ (ਅਰਬੀ) ਵਿਚ ਬਹੁਤ ਹੀ ਸਰਲ ਕਰ ਦਿੱਤਾ ਹੈ ਤਾਂ ਜੋ ਤੁਸੀਂ ਇਸ ਰਾਹੀਂ ਪਰਹੇਜ਼ਗਾਰਾਂ ਨੂੰ ਜੰਨਤ ਦੀਆਂ ਖ਼ੁਸ਼ਖ਼ਬਰੀਆਂ ਸੁਣਾ ਦਿਓ ਅਤੇ ਝਗੜਾਲੂ (ਕਾਫ਼ਿਰ ਤੇ ਮੁਸ਼ਰਿਕ) ਲੋਕਾਂ ਨੂੰ (ਨਰਕ ਤੋਂ) ਡਰਾ ਦਿਓ।[1]

وَكَمْ أَهْلَكْنَا قَبْلَهُم مِّن قَرْنٍ هَلْ تُحِسُّ مِنْهُم مِّنْ أَحَدٍ أَوْ تَسْمَعُ لَهُمْ رِكْزًۢا ٩٨

98. ਅਸੀਂ (ਮੱਕੇ ਵਾਲਿਆਂ) ਤੋਂ ਪਹਿਲਾਂ ਵੀ ਕਿੰਨੀਆਂ ਹੀ ਕੌਮਾਂ ਦਾ ਸਰਵਨਾਸ਼ ਕਰ ਚੁੱਕੇ ਹਾਂ। ਕੀ ਤੁਸੀਂ ਉਹਨਾਂ ਦਾ ਨਾਂ-ਥੇਹ ਵੀ ਵੇਖਦੇ ਹੋ? ਜਾਂ ਉਹਨਾਂ ਦੀ ਕੋਈ ਭਿਣਕ ਵੀ ਕਿਤੇ ਸੁਣਾਈ ਦਿੰਦੀ ਹੈ?

20. ਸੂਰਤ ਅਤ-ਤਾ-ਹਾ (ਮੱਕੀ-45)

سُورَةُ طه

(ਆਇਤਾਂ 135, ਰੁਕੂਅ 8)

بِسْمِ ٱللَّهِ ٱلرَّحْمَٰنِ ٱلرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

طه ١

1. ਤਾ, ਹਾ।

مَآ أَنزَلْنَا عَلَيْكَ ٱلْقُرْءَانَ لِتَشْقَىٰٓ ٢

2. (ਹੇ ਨਬੀ !) ਅਸੀਂ ਇਹ ਕੁਰਆਨ ਤੁਹਾਡੇ 'ਤੇ ਇਸ ਕਰਕੇ ਨਹੀਂ ਉਤਾਰਿਆ ਕਿ ਤੁਸੀਂ ਔਖੇ ਹੋ ਜਾਵੋ।

ਵਿਅਕਤੀ ਨਾਲ ਮੁਹੱਬਤ ਕਰਦਾ ਹੈ ਤੁਸੀਂ ਵੀ ਉਸ ਨਾਲ ਮੁਹੱਬਤ ਕਰੋ ਫਿਰ ਸਾਰੇ ਅਕਾਸ਼ ਵਾਲੇ ਵੀ ਉਹਦੇ ਨਾਲ ਮੁਹੱਬਤ ਕਰਨ ਲਗ ਜਾਂਦੇ ਹਨ ਫੇਰ ਧਰਤੀ ਦੇ ਵਸਨ ਵਾਲਿਆਂ ਦੇ ਦਿਲਾਂ ਵਿਚ ਉਸ ਦੀ ਮੁਹੱਬਤ ਰੱਖ ਦਿੱਤੀ ਜਾਂਦੀ ਹੈ ਇੰਜ ਉਹ ਧਰਤੀ 'ਤੇ ਵੀ ਅੱਲਾਹ ਦੇ ਨੇਕ ਬੰਦਿਆਂ ਦਾ ਮਹਿਬੂਬ ਬਣ ਜਾਂਦਾ ਹੈ। (ਸਹੀ ਬੁਖ਼ਾਰੀ, ਹਦੀਸ: 6040)

[1] ਝਗੜਾਲੂ ਉਹ ਕੌਮ ਹੈ, ਜਿਹੜੀ ਅੱਲਾਹ ਦੇ ਇਕ ਹੋਣ ਅਤੇ ਉਸ ਰਸੂਲ (ਸ:) ਦੀ ਰਸਾਲਤ 'ਤੇ ਈਮਾਨ ਨਹੀਂ ਰੱਖਦੇ।

3. ਸਗੋਂ ਇਹ ਤਾਂ ਹਰ ਉਸ ਵਿਅਕਤੀ ਲਈ ਇਕ ਨਸੀਹਤ ਹੈ ਜਿਹੜਾ ਉਸ (ਅੱਲਾਹ) ਤੋਂ ਡਰਦਾ ਹੈ।

إِلَّا تَذْكِرَةً لِّمَن يَخْشَىٰ ﴿٣﴾

4. ਅਤੇ ਇਸ (.ਕੁਰਆਨ) ਦਾ ਉਤਾਰਨਾ ਉਸ ਜ਼ਾਤ ਵੱਲੋਂ ਹੈ ਜਿਸ ਨੇ ਧਰਤੀ ਨੂੰ ਅਤੇ ਉੱਚੇ ਅਕਾਸ਼ ਨੂੰ ਬਣਾਇਆ ਹੈ।

تَنزِيلًا مِّمَّنْ خَلَقَ الْأَرْضَ وَالسَّمَاوَاتِ الْعُلَى ﴿٤﴾

5 ਉਹ ਰਹਿਮਾਨ ਹੈ, ਜਿਹੜਾ ਅਰਸ਼ ਦੇ ਰਾਜ ਸਿੰਘਾਸਨ 'ਤੇ ਬਿਰਾਜਮਾਨ ਹੈ।

الرَّحْمَٰنُ عَلَى الْعَرْشِ اسْتَوَىٰ ﴿٥﴾

6. ਅਕਾਸ਼ਾਂ ਤੇ ਧਰਤੀ ਵਿਚ ਜੋ ਵੀ ਹੈ, ਜੋ ਉਹਨਾਂ ਦੇ ਵਿਚਾਲੇ ਹੈ ਅਤੇ ਜੋ ਧਰਤੀ ਦੇ ਥੱਲੇ ਹੈ, ਸਭ ਉਸੇ (ਰਹਿਮਾਨ) ਦਾ ਹੈ।

لَهُ مَا فِي السَّمَاوَاتِ وَمَا فِي الْأَرْضِ وَمَا بَيْنَهُمَا
وَمَا تَحْتَ الثَّرَىٰ ﴿٦﴾

7. ਭਾਵੇਂ ਤੁਸੀਂ ਉੱਚੀ ਆਵਾਜ਼ ਨਾਲ ਗੱਲ ਕਰੋ ਪਰ ਉਹ ਹਰ ਭੇਤ ਨੂੰ ਸਗੋਂ ਉਹ ਤਾਂ ਉਸ ਤੋਂ ਵੀ ਗੁਪਤ ਗੱਲਾਂ ਨੂੰ ਜਾਣਦਾ ਹੈ।

وَإِن تَجْهَرْ بِالْقَوْلِ فَإِنَّهُ يَعْلَمُ السِّرَّ وَأَخْفَى ﴿٧﴾

8. ਅੱਲਾਹ ਉਹੀਓ ਹੈ ਜਿਸ ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ ਅਤੇ ਸਾਰੇ ਹੀ ਸੋਹਣੇ ਨਾਂ ਉਸੇ ਦੇ ਹਨ।[1]

اللَّهُ لَا إِلَٰهَ إِلَّا هُوَ لَهُ الْأَسْمَاءُ الْحُسْنَىٰ ﴿٨﴾

9. (ਹੇ ਨਬੀ!) ਕੀ ਤੁਸੀਂ ਮੂਸਾ ਦਾ ਕਿੱਸਾ ਜਾਣਦੇ ਹੋ?

وَهَلْ أَتَاكَ حَدِيثُ مُوسَىٰ ﴿٩﴾

10. ਜਦੋਂ ਉਹਨਾਂ ਨੇ (ਤੁਵਾ ਘਾਟੀ ਵਿਚ) ਅੱਗ ਨੂੰ ਵੇਖ ਕੇ ਆਪਣੇ ਘਰ ਵਾਲਿਆਂ ਨੂੰ ਕਿਹਾ ਸੀ ਕਿ ਰਤਾ ਠਹਿਰੋ ਮੈਂਨੇ ਅੱਗ ਵੇਖੀ ਹੈ, ਸ਼ਾਇਦ ਮੈਂ ਤੁਹਾਡੇ ਲਈ ਉਸ ਵਿੱਚੋਂ ਇਕ ਅੱਧਾ ਅੰਗਿਆਰਾ ਲੈ ਆਵਾਂ ਜਾਂ ਅੱਗ ਕੋਲ ਕੋਈ ਅਗਵਾਈ ਕਰਨ ਵਾਲਾ ਹੋਵੇ।

إِذْ رَأَىٰ نَارًا فَقَالَ لِأَهْلِهِ امْكُثُوا إِنِّي آنَسْتُ نَارًا
لَّعَلِّي آتِيكُم مِّنْهَا بِقَبَسٍ أَوْ أَجِدُ عَلَى النَّارِ هُدًى ﴿١٠﴾

11 ਜਦੋਂ ਮੂਸਾ ਅੱਗ ਦੇ ਕੋਲ ਪਹੁੰਚਿਆ ਤਾਂ ਆਵਾਜ਼ ਆਈ ਕਿ ਹੇ ਮੂਸਾ!

فَلَمَّا أَتَاهَا نُودِيَ يَا مُوسَىٰ ﴿١١﴾

---

[1] ਵੇਖੋ ਸੂਰਹ ਅਲ-ਆਰਾਫ਼, ਹਾਸ਼ੀਆ ਆਇਤ 180/7

12. ਮੈਂ ਹੀ ਤੇਰਾ ਪਾਲਣਹਾਰ ਹਾਂ। ਤੂੰ ਆਪਣੀਆਂ ਜੁੱਤੀਆਂ ਉਤਾਰ ਦੇ, ਕਿਉਂ ਜੋ ਤੂੰ ਇਕ ਪਵਿੱਤਰ ਘਾਟੀ ਤੁਵਾ ਵਿਚ (ਖੜ੍ਹਾ) ਹੈਂ।

إِنِّيٓ أَنَا۠ رَبُّكَ فَٱخۡلَعۡ نَعۡلَيۡكَ
إِنَّكَ بِٱلۡوَادِ ٱلۡمُقَدَّسِ طُوٗى ﴿١٢﴾

13. ਅਤੇ ਮੈਂ ਨੇ ਤੈਨੂੰ (ਪੈਗ਼ੰਬਰੀ ਲਈ) ਚੁਣ ਲਿਆ ਹੈ, ਹੁਣ ਜਿਹੜੀ ਵੀ ਵਹੀ (ਸੰਦੇਸ਼) ਆਵੇ, ਉਸ ਨੂੰ ਧਿਆਨ ਨਾਲ ਸੁਣੀਂ।

وَأَنَا ٱخۡتَرۡتُكَ فَٱسۡتَمِعۡ لِمَا يُوحَىٰٓ ﴿١٣﴾

14. ਨਿਰਸੰਦੇਹ। ਮੈਂ ਹੀ ਅੱਲਾਹ ਹਾਂ, ਮੇਰੇ ਛੁੱਟ ਹੋਰ ਕੋਈ ਇਸ਼ਟ ਨਹੀਂ, ਸੋ ਤੂੰ ਮੇਰੀ ਹੀ ਇਬਾਦਤ ਕਰ ਅਤੇ ਮੈਨੂੰ ਯਾਦ ਰੱਖਣ ਲਈ ਨਮਾਜ਼ ਕਾਇਮ ਰੱਖ।

إِنَّنِيٓ أَنَا ٱللَّهُ لَآ إِلَٰهَ إِلَّآ أَنَا۠ فَٱعۡبُدۡنِي
وَأَقِمِ ٱلصَّلَوٰةَ لِذِكۡرِيٓ ﴿١٤﴾

15. ਬੇਸ਼ੱਕ ਕਿਆਮਤ ਦਾ ਵੇਲਾ ਆਉਣ ਵਾਲਾ ਹੈ ਜਿਸ ਦਾ ਸਮਾਂ ਮੈਂ ਗੁਪਤ ਰੱਖਣਾ ਚਾਹੁੰਦਾ ਹਾਂ ਤਾਂ ਜੋ ਹਰੇਕ ਵਿਅਕਤੀ ਨੂੰ (ਉਸ ਦੀਆਂ ਚੰਗੀਆਂ ਜਾਂ ਮਾੜੀਆਂ) ਕੋਸ਼ਿਸ਼ਾਂ ਦਾ ਬਦਲਾ ਦਿੱਤਾ ਜਾਵੇ।

إِنَّ ٱلسَّاعَةَ ءَاتِيَةٌ أَكَادُ أُخۡفِيهَا لِتُجۡزَىٰ كُلُّ
نَفۡسِۭ بِمَا تَسۡعَىٰ ﴿١٥﴾

16. ਸੋ ਹੁਣ ਉਸ (ਕਿਆਮਤ ਦਿਹਾੜੇ) ਦੀ ਚਿੰਤਾ ਕਰਨ ਤੋਂ ਤੁਹਾਨੂੰ ਕੋਈ ਅਜਿਹਾ ਵਿਅਕਤੀ ਰੋਕ ਨਾ ਦੇਵੇ ਜਿਹੜਾ ਉਸ (ਦਿਨ) ਨੂੰ ਆਪ ਹੀ ਮੰਨਦਾ ਨਾ ਹੋਵੇ ਅਤੇ ਆਪਣੀਆਂ ਇੱਛਾਵਾਂ ਦੇ ਪਿੱਛੇ ਹੀ ਲੱਗਿਆ ਹੋਵੇ, ਨਹੀਂ ਤਾਂ (ਹੇ ਮੂਸਾ!) ਤੂੰ ਵੀ ਬਰਬਾਦ ਹੋ ਜਾਵੇਂਗਾ।[1]

فَلَا يَصُدَّنَّكَ عَنۡهَا مَن لَّا يُؤۡمِنُ بِهَا وَٱتَّبَعَ
هَوَىٰهُ فَتَرۡدَىٰ ﴿١٦﴾

17. ਹੇ ਮੂਸਾ! ਤੇਰੇ ਸੱਜੇ ਹੱਥ ਵਿਚ ਕੀ ਹੈ?

وَمَا تِلۡكَ بِيَمِينِكَ يَٰمُوسَىٰ ﴿١٧﴾

18. (ਮੂਸਾ ਨੇ) ਉੱਤਰ ਦਿੱਤਾ ਕਿ ਇਹ ਮੇਰੀ ਲਾਠੀ ਹੈ, ਜਿਸ ਨਾਲ ਮੈਂ ਸਹਾਰਾ ਲੈਂਦਾ ਹਾਂ ਅਤੇ ਮੈਂ ਆਪਣੀਆਂ ਬਕਰੀਆਂ ਲਈ ਪੱਤੇ ਝਾੜਦਾ ਹਾਂ ਅਤੇ ਮੈਨੂੰ ਇਸ ਤੋਂ ਹੋਰ ਵੀ ਕਈ ਲਾਭ ਹਨ।

قَالَ هِيَ عَصَايَ أَتَوَكَّؤُاْ عَلَيۡهَا وَأَهُشُّ بِهَا عَلَىٰ
غَنَمِي وَلِيَ فِيهَا مَـَٔارِبُ أُخۡرَىٰ ﴿١٨﴾

---

[1] ਵੇਖੋ ਵੇਖੋ ਸੂਰਤ ਮਰੀਅਮ, ਹਾਸ਼ੀਆ ਆਇਤ 59/19

19. ਕਿਹਾ ਕਿ ਹੇ ਮੂਸਾ! ਇਸ (ਲਾਠੀ) ਨੂੰ ਸੁੱਟ ਦੇ।

قَالَ أَلْقِهَا يٰمُوسٰى 19

20. ਸੁੱਟਦੇ ਹੀ ਉਹ (ਲਾਠੀ) ਸੱਪ ਬਣਕੇ ਨੱਸਣ ਲੱਗ ਪਈ।

فَأَلْقٰهَا فَإِذَا هِيَ حَيَّةٌ تَسْعٰى 20

21. ਫ਼ਰਮਾਇਆ ਕਿ ਇਸ ਸੱਪ ਨੂੰ ਫੜ ਲੈ, ਡਰ ਨਾ। ਅਸੀਂ ਇਸ ਨੂੰ ਪਹਿਲਾਂ ਵਾਂਗ ਹੀ (ਲਾਠੀ) ਬਣਾ ਦਿਆਂਗੇ।

قَالَ خُذْهَا وَلَا تَخَفْ سَنُعِيدُهَا سِيرَتَهَا الْأُولٰى 21

22 ਆਪਣਾ ਸੱਜਾ ਹੱਥ ਕੁੱਛ ਵਿਚ ਲੈ, ਉਹ (ਹੱਥ) ਬਿਨਾਂ ਕਿਸੇ ਰੋਗ ਤੋਂ ਲਿਸ਼ਕਾਰੇ ਮਾਰਦਾ ਹੋਇਆ ਸਫ਼ੈਦ ਬਣਕੇ ਨਿਕਲੇਗਾ। ਇਹ ਦੂਜੀ ਨਿਸ਼ਾਨੀ ਹੈ।

وَاضْمُمْ يَدَكَ إِلٰى جَنَاحِكَ تَخْرُجْ بَيْضَاءَ مِنْ
غَيْرِ سُوءٍ آيَةً أُخْرٰى 22

23. (ਇਹ ਸਭ ਇਸ ਲਈ ਹੈ ਤਾਂ ਜੋ) ਅਸੀਂ ਤੁਹਾਨੂੰ ਆਪਣੀਆਂ ਵੱਡੀਆਂ-ਵੱਡੀਆਂ ਨਿਸ਼ਾਨੀਆਂ ਵਿਖਾਈਏ।

لِنُرِيَكَ مِنْ آيٰتِنَا الْكُبْرٰى 23

24. (ਅੱਲਾਹ ਨੇ ਕਿਹਾ ਹੇ ਮੂਸਾ!) ਤੂੰ ਫ਼ਿਰਔਨ ਵੱਲ ਜਾ, ਕਿਉਂ ਜੋ ਉਹ ਸਰਕਸ਼ (ਬਾਗ਼ੀ) ਹੋ ਗਿਆ ਹੈ।

اِذْهَبْ إِلٰى فِرْعَوْنَ إِنَّهُ طَغٰى 24

25. (ਮੂਸਾ ਨੇ ਕਿਹਾ ਕਿ ਹੇ ਮੇਰੇ ਮਾਲਿਕ! ਤੂੰ ਮੇਰਾ ਸੀਨਾ ਖੋਲਦੇ (ਭਾਵ ਮੈਨੂੰ ਹੌਸਲਾ ਦੇ)।

قَالَ رَبِّ اشْرَحْ لِي صَدْرِي 25

26 ਅਤੇ ਮੇਰੇ ਕੰਮ ਨੂੰ ਮੇਰੇ ਲਈ ਸੁਖਾਲਾ ਕਰਦੇ।

وَيَسِّرْ لِي أَمْرِي 26

27. ਅਤੇ ਮੇਰੀ ਜ਼ੁਬਾਨ ਦੀਆਂ ਗੰਢਾਂ ਖੋਲ੍ਹ ਦੇ।

وَاحْلُلْ عُقْدَةً مِنْ لِسَانِي 27

28. ਤਾਂ ਜੋ ਲੋਕੀ ਮੇਰੀ ਗੱਲ ਨੂੰ ਚੰਗੀ ਤਰ੍ਹਾਂ ਸਮਝ ਸਕਣ।

يَفْقَهُوا قَوْلِي 28

29. ਅਤੇ ਮੇਰੇ ਪਰਿਵਾਰ 'ਚੋਂ ਮੇਰਾ ਇਕ ਵਜ਼ੀਰ (ਸਹਾਇਕ) ਬਣਾ ਦੇ।

وَاجْعَلْ لِي وَزِيرًا مِنْ أَهْلِي 29

30 ਭਾਵ ਮੇਰੇ ਭਰਾ ਹਾਰੂਨ ਨੂੰ (ਮੇਰਾ ਸਾਥੀ ਬਣਾ)।

هٰرُونَ أَخِي 30

31 ਤੂੰ ਉਸ ਦੁਆਰਾ ਮੇਰੀ ਪਿੱਠ ਨੂੰ ਮਜ਼ਬੂਤ ਕਰਦੇ।

اشْدُدْ بِهِ أَزْرِي ﴿31﴾

32 ਅਤੇ ਉਸ ਨੂੰ ਮੇਰਾ ਭਾਈ ਕਾਜ ਬਣਾ ਦੇ।

وَأَشْرِكْهُ فِي أَمْرِي ﴿32﴾

33. ਤਾਂ ਜੋ ਅਸੀਂ ਦੋਵੇਂ ਵੱਧ ਤੋਂ ਵੱਧ ਤੇਰੀ ਤਸਬੀਹ ਕਰੀਏ।

كَيْ نُسَبِّحَكَ كَثِيرًا ﴿33﴾

34 ਅਤੇ ਵੱਧ ਤੋਂ ਵੱਧ ਤੈਨੂੰ ਯਾਦ ਕਰੀਏ।

وَنَذْكُرَكَ كَثِيرًا ﴿34﴾

35 ਬੇਸ਼ੱਕ ਤੂੰ ਸਾਨੂੰ ਚੰਗੀ ਤਰ੍ਹਾਂ ਵੇਖਦਾ ਹੈ।

إِنَّكَ كُنْتَ بِنَا بَصِيرًا ﴿35﴾

36. (ਅੱਲਾਹ ਨੇ) ਫ਼ਰਮਾਇਆ, ਹੇ ਮੂਸਾ! ਮੈਂ ਤੇਰੀਆਂ ਸਾਰੀਆਂ ਮੰਗਾਂ ਕਬੂਲ ਕਰਦਾ ਹਾਂ

قَالَ قَدْ أُوتِيتَ سُؤْلَكَ يَا مُوسَىٰ ﴿36﴾

37. ਅਸੀਂ ਤੇਰੇ 'ਤੇ ਇਕ ਵਾਰ ਪਹਿਲਾਂ ਵੀ ਉਪਕਾਰ ਕਰ ਚੁੱਕਾ ਹਾਂ।

وَلَقَدْ مَنَنَّا عَلَيْكَ مَرَّةً أُخْرَىٰ ﴿37﴾

38. ਜਦੋਂ ਅਸੀਂ ਤੇਰੀ ਮਾਂ ਨੂੰ ਇਲਹਾਮ (ਰੱਬੀ ਇਸ਼ਾਰਾ) ਕੀਤਾ ਸੀ ਜਿਸ ਦੀ ਚਰਚਾ ਹੁਣ ਵਹੀ ਰਾਹੀਂ ਕੀਤੀ ਜਾ ਰਹੀ ਹੈ।

إِذْ أَوْحَيْنَا إِلَىٰ أُمِّكَ مَا يُوحَىٰ ﴿38﴾

39 ਕਿ ਤੂੰ ਇਸ (ਮੂਸਾ) ਨੂੰ ਇਕ ਸੰਦੂਕ ਵਿਚ ਬੰਦ ਕਰਕੇ ਦਰਿਆ ਵਿਚ ਛੱਡ ਦੇ, ਫੇਰ ਦਰਿਆ ਇਸ (ਸੰਦੂਕ) ਨੂੰ ਕੰਢੇ 'ਤੇ ਲਿਆ ਛੱਡੇਗਾ ਅਤੇ ਇਸ ਨੂੰ ਮੇਰਾ ਅਤੇ ਇਸ (ਮੂਸਾ) ਦਾ ਵੈਰੀ ਕੱਢ ਲਵੇਗਾ। ਮੈਂਨੇ ਆਪਣੇ ਵੱਲੋਂ ਉਸ (ਫ਼ਿਰਔਨ) ਦੇ ਮਨ ਵਿਚ ਤੇਰੇ ਲਈ ਇਕ ਵਿਸ਼ੇਸ਼ ਪ੍ਰੇਮ ਪਾ ਦਿੱਤਾ ਤਾਂ ਜੋ ਮੇਰੀ ਦੇਖ ਰੇਖ ਹੇਠ ਤੇਰੀ ਪਰਵਰਿਸ਼ ਹੋਵੇ।

أَنِ اقْذِفِيهِ فِي التَّابُوتِ فَاقْذِفِيهِ فِي الْيَمِّ فَلْيُلْقِهِ
الْيَمُّ بِالسَّاحِلِ يَأْخُذْهُ عَدُوٌّ لِي وَعَدُوٌّ لَهُ ۚ
وَأَلْقَيْتُ عَلَيْكَ مَحَبَّةً مِنِّي وَلِتُصْنَعَ عَلَىٰ
عَيْنِي ﴿39﴾

40. ਜਦੋਂ ਤੇਰੀ (ਮੂਸਾ) ਦੀ ਭੈਣ (ਸੰਦੂਕ ਦੇ ਨਾਲ-ਨਾਲ) ਤੁਰੀ ਜਾ ਰਹੀ ਸੀ (ਅਤੇ ਫ਼ਿਰਔਨ ਨੂੰ) ਕਹਿ ਰਹੀ ਸੀ, ਕੀ ਮੈਂ ਤੁਹਾਨੂੰ ਉਸ (ਇਸਤਰੀ) ਦਾ ਪਤਾ ਦੱਸਾਂ, ਜਿਹੜੀ ਇਸ (ਬੱਚੇ) ਦੀ ਦੇਖ-ਭਾਲ ਕਰ ਸਕਦੀ ਹੈ? ਇੰਜ ਅਸੀਂ ਤੈਨੂੰ ਤੇਰੀ ਮਾਂ ਕੋਲ ਪਹੁੰਚਾ ਦਿੱਤਾ ਤਾਂ ਜੋ ਉਸ ਦੀਆਂ ਅੱਖਾਂ

إِذْ تَمْشِي أُخْتُكَ فَتَقُولُ هَلْ أَدُلُّكُمْ عَلَىٰ مَنْ
يَكْفُلُهُ ۖ فَرَجَعْنَاكَ إِلَىٰ أُمِّكَ كَيْ تَقَرَّ عَيْنُهَا
وَلَا تَحْزَنَ ۚ وَقَتَلْتَ نَفْسًا فَنَجَّيْنَاكَ مِنَ
الْغَمِّ وَفَتَنَّاكَ فُتُونًا ۚ فَلَبِثْتَ سِنِينَ فِي
أَهْلِ مَدْيَنَ ثُمَّ جِئْتَ عَلَىٰ قَدَرٍ يَا مُوسَىٰ ﴿40﴾

ਠੰਢੀਆਂ ਰਹਿਣ ਅਤੇ ਉਹ ਦੁਖੀ ਨਾ ਹੋਵੇ। ਫੇਰ ਤੈਨੇ ਇਕ ਵਿਅਕਤੀ ਨੂੰ (ਮੁੱਕਾ ਮਾਰ ਕੇ) ਮਾਰ ਦਿੱਤਾ ਸੀ। ਅਸੀਂ ਤੈਨੂੰ ਉਸ ਬਿਪਤਾ ਵਿੱਚੋਂ ਵੀ ਕੱਢਿਆ। ਭਾਵ ਅਸੀਂ ਤੈਨੂੰ ਚੰਗੀ ਤਰ੍ਹਾਂ ਪਰਖਿਆ। ਫੇਰ ਤੂੰ ਕਈ ਸਾਲ ਮਦੀਅਨ ਦੇ ਲੋਕਾਂ ਵਿਚ ਗੁਜ਼ਾਰੇ। ਫੇਰ ਹੇ ਮੂਸਾ! ਮੁਕੱਦਰਾਂ ਨਾਲ ਤੂੰ ਇੱਥੇ ਆ ਗਿਆ।

وَاصْطَنَعْتُكَ لِنَفْسِي ﴿41﴾

41. ਅਤੇ ਮੈਂਨੇ ਵਿਸ਼ੇਸ਼ ਆਪਣੇ (ਪੈਗ਼ੰਬਰ ਬਣਾਉਣ) ਲਈ ਤੈਨੂੰ ਚੁਣ ਲਿਆ ਹੈ।[1]

اذْهَبْ أَنتَ وَأَخُوكَ بِآيَاتِي وَلَا تَنِيَا فِي ذِكْرِي ﴿42﴾

42. ਹੁਣ ਤੂੰ ਤੇ ਤੇਰਾ ਭਰਾ (ਹਾਰੂਨ) ਮੇਰੇ ਵੱਲੋਂ ਦਿੱਤੀਆਂ ਨਿਸ਼ਾਨੀਆਂ ਲੈਕੇ (ਫ਼ਿਰਔਨ ਦੇ ਕੋਲ) ਜਾਓ। ਖ਼ਬਰਦਾਰ ਮੇਰੀ ਯਾਦ ਵਿਚ ਕਿਸੇ ਤਰ੍ਹਾਂ ਦੀ ਸੁਸਤੀ ਨਾ ਕਰੀਓ।

اذْهَبَا إِلَىٰ فِرْعَوْنَ إِنَّهُ طَغَىٰ ﴿43﴾

43. ਤੁਸੀਂ ਦੋਵੇਂ ਫ਼ਿਰਔਨ ਕੋਲ ਜਾਓ ਕਿਉਂ ਜੋ ਉਹ ਬਾਗ਼ੀ ਹੋ ਗਿਆ ਹੈ।

فَقُولَا لَهُ قَوْلًا لَّيِّنًا لَّعَلَّهُ يَتَذَكَّرُ أَوْ يَخْشَىٰ ﴿44﴾

44. ਉਸ ਨੂੰ ਨਰਮਾਈ ਨਾਲ ਸਮਝਾਣਾ, ਹੋ ਸਕਦਾ ਹੈ ਕਿ ਉਹ ਸਮਝ ਜਾਵੇ ਜਾਂ ਡਰ ਜਾਵੇ।

قَالَا رَبَّنَا إِنَّنَا نَخَافُ أَن يَفْرُطَ عَلَيْنَا أَوْ أَن يَطْغَىٰ ﴿45﴾

45. ਦੋਵਾਂ (ਮੂਸਾ ਤੇ ਹਾਰੂਨ) ਨੇ ਕਿਹਾ ਕਿ ਹੇ ਸਾਡੇ ਮਾਲਿਕ! ਸਾਨੂੰ ਡਰ ਹੈ ਕਿ ਉਹ ਸਾਡੇ ਨਾਲ ਕੋਈ ਧੱਕਾ ਨਾ ਕਰੇ ਜਾਂ ਹੋਰ ਬਾਗ਼ੀ ਨਾ ਹੋ ਜਾਵੇ।

قَالَ لَا تَخَافَا إِنَّنِي مَعَكُمَا أَسْمَعُ وَأَرَىٰ ﴿46﴾

46. (ਅੱਲਾਹ ਨੇ) ਫ਼ਰਮਾਇਆ ਕਿ ਤੁਸੀਂ ਉੱਕਾ ਹੀ ਨਾ ਡਰੋ। ਮੈਂ ਤੁਹਾਡੇ ਅੰਗ-ਸੰਗ ਹਾਂ, ਮੈਂ ਸਭ ਕੁੱਝ ਸੁਣਦਾ ਅਤੇ ਵੇਖਦਾ ਵੀ ਹਾਂ।

---

[1] ਭਾਵ ਮੈਂਨੇ ਤੁਹਾਨੂੰ ਆਪਣੀ ਵਹੀ ਅਤੇ ਰਸਾਲਤ ਲਈ ਚੁਣ ਲਿਆ ਹੈ ਜਾਂ ਮੈਂਨੇ ਤੁਹਾਨੂੰ ਆਪਣੇ ਲਈ ਪੈਦਾ ਕੀਤਾ ਹੈ ਜਾਂ ਮੈਂਨੇ ਤੁਹਾਨੂੰ ਦਲੀਲ ਬਣਾਇਆ ਹੈ ਜਾਂ ਤੁਹਾਨੂੰ ਸਿਖਾਇਆ ਤਾਂ ਜੋ ਤੁਸੀਂ ਮੇਰੇ ਬੰਦਿਆਂ ਨੂੰ ਚੰਗੇ ਕੰਮ ਕਰਨ ਦਾ ਹੁਕਮ ਅਤੇ ਮਾੜੇ ਕੰਮ ਕਰਨ ਤੋਂ ਰੋਕਣ ਦਾ ਹੁਕਮ ਪਹੁੰਚਾ ਦਿਓ। (ਤਫ਼ਸੀਰ ਅਲ-ਕੁਰਤਬੀ, 198/11)

47. ਸੋ ਤੁਸੀਂ (ਮੂਸਾ ਤੇ ਹਾਰੂਨ) ਉਹ ਦੇ ਕੋਲ ਜਾਓ ਤੇ ਆਖੋ ਕਿ ਅਸੀਂ ਤੇਰੇ ਪਾਲਣਹਾਰ ਵੱਲੋਂ ਭੇਜੇ ਹੋਏ ਪੈਗੰਬਰ ਹਾਂ, ਤੂੰ ਸਾਡੇ ਨਾਲ ਬਨੀ ਇਸਰਾਈਲ ਨੂੰ ਭੇਜ ਦੇ ਉਹਨਾਂ ਨੂੰ ਦੁਖੀ ਨਾ ਕਰ। ਅਸੀਂ ਤਾਂ ਤੇਰੇ ਕੋਲ ਤੇਰੇ ਰੱਬ ਦੀ ਨਿਸ਼ਾਨੀ ਲੈਕੇ ਆਏ ਹਾਂ ਅਤੇ ਜਿਹੜਾ (ਰੱਬੀ) ਹਿਦਾਇਤਾਂ ਨੂੰ ਕਬੂਲ ਕਰੇਗਾ ਉਸ ਲਈ ਸਲਾਮਤੀ ਹੈ।

فَأْتِيَاهُ فَقُولَا إِنَّا رَسُولَا رَبِّكَ فَأَرْسِلْ مَعَنَا بَنِي
إِسْرَائِيلَ وَلَا تُعَذِّبْهُمْ ۖ قَدْ جِئْنَاكَ بِآيَةٍ مِّن
رَّبِّكَ ۖ وَالسَّلَامُ عَلَىٰ مَنِ اتَّبَعَ الْهُدَىٰ (47)

48. ਸਾਡੇ ਵੱਲ ਵਹੀ ਆਈ ਹੈ ਕਿ ਜਿਹੜਾ ਵੀ (ਰੱਬੀ ਹੁਕਮਾਂ ਨੂੰ) ਝੁਠਲਾਏਗਾ, ਉਸ ਲਈ ਅਜ਼ਾਬ ਹੈ।

إِنَّا قَدْ أُوحِيَ إِلَيْنَا أَنَّ الْعَذَابَ عَلَىٰ مَن
كَذَّبَ وَتَوَلَّىٰ (48)

49. (ਫ਼ਿਰਔਨ ਨੇ) ਕਿਹਾ ਕਿ ਹੇ ਮੂਸਾ! ਤੁਹਾਡਾ ਰੱਬ ਕੌਣ ਹੈ?

قَالَ فَمَن رَّبُّكُمَا يَا مُوسَىٰ (49)

50. ਮੂਸਾ ਨੇ ਕਿਹਾ ਕਿ ਸਾਡਾ ਰੱਬ ਉਹ ਹੈ ਜਿਸ ਨੇ ਹਰੇਕ ਸ਼ੈਅ ਨੂੰ ਉਸ ਦੀ ਵਿਸ਼ੇਸ਼ ਸ਼ਕਲ ਸੂਰਤ ਬਖ਼ਸ਼ੀ ਫੇਰ ਰਾਹ ਵੀ ਵਿਖਾਈ।

قَالَ رَبُّنَا الَّذِي أَعْطَىٰ كُلَّ شَيْءٍ خَلْقَهُ
ثُمَّ هَدَىٰ (50)

51. ਉਸ (ਫ਼ਿਰਔਨ) ਨੇ ਕਿਹਾ ਕਿ ਚੰਗਾ ਇਹ ਦੱਸੋ ਕਿ ਪਹਿਲੇ (ਇਨਕਾਰੀ) ਲੋਕਾਂ ਦਾ ਕੀ ਬਣੇਗਾ?

قَالَ فَمَا بَالُ الْقُرُونِ الْأُولَىٰ (51)

52. ਉੱਤਰ ਦਿੱਤਾ ਕਿ ਇਸ ਦਾ ਗਿਆਨ ਤਾਂ ਮੇਰੇ ਰੱਬ ਦੇ ਕੋਲ ਇਕ ਕਿਤਾਬ (ਲੌਹੇ ਮਹਫ਼ੂਜ਼) ਵਿਚ ਲਿਖਿਆ ਹੋਇਆ ਹੈ। ਨਾ ਤਾਂ ਮੇਰਾ ਰੱਬ ਕੋਈ ਗ਼ਲਤੀ ਕਰਦਾ ਹੈ ਅਤੇ ਨਾ ਹੀ ਉਹ ਤੋਂ ਕੋਈ ਭੁੱਲ ਹੁੰਦੀ ਹੈ।

قَالَ عِلْمُهَا عِندَ رَبِّي فِي كِتَابٍ ۖ لَّا يَضِلُّ رَبِّي
وَلَا يَنسَى (52)

53. ਉਸੇ (ਰੱਬ) ਨੇ ਤੁਹਾਡੇ ਲਈ ਧਰਤੀ ਨੂੰ ਵਿਛਾਇਆ ਅਤੇ ਇਸ (ਧਰਤੀ) ਵਿਚ ਤੁਹਾਡੇ ਤੁਰਨ-ਫਿਰਨ ਲਈ ਰਾਹ ਬਣਾਏ ਅਤੇ ਅਕਾਸ਼ੋਂ ਪਾਣੀ ਬਰਸਾਇਆ ਫੇਰ ਉਸ ਰਾਹੀਂ ਭਾਂਤ-ਭਾਂਤ ਦੀ ਬਨਸਪਤੀ ਕੱਢੀ।

الَّذِي جَعَلَ لَكُمُ الْأَرْضَ مَهْدًا وَسَلَكَ لَكُمْ فِيهَا
سُبُلًا وَأَنزَلَ مِنَ السَّمَاءِ مَاءً فَأَخْرَجْنَا بِهِ
أَزْوَاجًا مِّن نَّبَاتٍ شَتَّىٰ (53)

54. ਤੁਸੀਂ ਆਪ ਵੀ ਖਾਓ ਅਤੇ ਆਪਣੇ ਪਸ਼ੂਆਂ ਨੂੰ ਵੀ ਚਰਾਓ। ਬੇਸ਼ੱਕ (ਰੱਬ ਦੀ ਸ਼ਕਤੀ ਨੂੰ ਸਮਝਣ ਲਈ) ਇਸ ਵਿਚ ਬੁੱਧੀਵਾਨਾਂ ਲਈ ਅਨੇਕਾਂ ਨਿਸ਼ਾਨੀਆਂ ਹਨ।

كُلُوا وَارْعَوْا أَنْعَامَكُمْ ۗ إِنَّ فِي ذَٰلِكَ لَآيَاتٍ لِأُولِي النُّهَىٰ 54

55 ਅਸੀਂ ਇਸੇ (ਮਿੱਟੀ) ਵਿੱਚੋਂ ਤੁਹਾਨੂੰ ਪੈਦਾ ਕੀਤਾ ਹੈ ਅਤੇ ਫੇਰ ਇਸੇ ਵਿਚ ਤੁਹਾਨੂੰ ਮੁੜ ਪਰਤਾ ਦੇਵਾਂਗੇ ਅਤੇ ਮੁੜ ਤੁਹਾਨੂੰ ਇਸੇ ਵਿੱਚੋਂ ਦੋਬਾਰਾ ਕੱਢਾਂਗੇ।

مِنْهَا خَلَقْنَاكُمْ وَفِيهَا نُعِيدُكُمْ وَمِنْهَا نُخْرِجُكُمْ تَارَةً أُخْرَىٰ ٥٥

56 ਅਸਾਂ ਉਸ (ਫ਼ਿਰਔਨ) ਨੂੰ ਆਪਣੀਆਂ ਸਾਰੀਆਂ ਨਿਸ਼ਾਨੀਆਂ ਵਿਖਾਈਆਂ, ਪਰੰਤੂ ਫੇਰ ਵੀ ਉਹ ਝੁਠਲਾਉਂਦਾ ਰਿਹਾ ਅਤੇ ਮੰਨਿਆ ਹੀ ਨਹੀਂ।

وَلَقَدْ أَرَيْنَاهُ آيَاتِنَا كُلَّهَا فَكَذَّبَ وَأَبَىٰ 56

57 (ਫ਼ਿਰਔਨ) ਆਖਣ ਲੱਗਾ ਕਿ ਹੇ ਮੂਸਾ! ਕੀ ਤੂੰ ਇਸ ਲਈ ਸਾਡੇ ਕੋਲ ਆਇਆ ਹੈਂ ਕਿ ਤੂੰ ਆਪਣੇ ਜਾਦੂ ਦੇ ਜ਼ੋਰ ਨਾਲ ਸਾਨੂੰ ਸਾਡੇ ਦੇਸ਼ 'ਚੋਂ ਬਾਹਰ ਕੱਢ ਦੇਵੇਂ।

قَالَ أَجِئْتَنَا لِتُخْرِجَنَا مِنْ أَرْضِنَا بِسِحْرِكَ يَا مُوسَىٰ ٥٧

58 ਚੰਗਾ ਅਸੀਂ ਵੀ ਤੇਰੇ ਟਾਕਰੇ ਤੇ ਅਜਿਹਾ ਹੀ ਜਾਦੂ ਲਿਆਵਾਂਗੇ, ਤੂੰ ਸਾਡੇ ਅਤੇ ਆਪਣੇ ਵਿਚਕਾਰ (ਜਾਦੂ ਦਾ ਮੁਕਾਬਲਾ ਹੋਣ ਦਾ) ਇਕ ਸਮਾਂ ਨਿਸ਼ਚਿਤ ਕਰ ਲੈ, ਨਾ ਅਸੀਂ ਇਸ ਇਕਰਾਰ ਤੋਂ ਫਿਰਾਂਗੇ ਤੇ ਨਾ ਹੀ ਤੂੰ, ਅਤੇ ਇਹ ਮੁਕਾਬਲਾ ਖੁੱਲ੍ਹੇ ਮੈਦਾਨ ਵਿਚ ਹੋਵੇਗਾ।

فَلَنَأْتِيَنَّكَ بِسِحْرٍ مِثْلِهِ فَاجْعَلْ بَيْنَنَا وَبَيْنَكَ مَوْعِدًا لَا نُخْلِفُهُ نَحْنُ وَلَا أَنْتَ مَكَانًا سُوًى ٥٨

59 ਮੂਸਾ ਨੇ ਆਖਿਆ ਕਿ ਤਿਓਹਾਰ ਵਾਲੇ ਦਿਨ ਦਾ ਵਾਅਦਾ (ਨਿਸ਼ਚਿਤ) ਹੈ ਅਤੇ ਦਿਨ ਚੜ੍ਹੇ ਲੋਕੀ ਜਮਾਂ ਹੋ ਜਾਣਗੇ।

قَالَ مَوْعِدُكُمْ يَوْمُ الزِّينَةِ وَأَنْ يُحْشَرَ النَّاسُ ضُحًى ٥٩

60 ਫ਼ਿਰਔਨ ਵਾਪਸ (ਮਹਿਲ ਵਿਚ) ਚਲਾ ਗਿਆ ਅਤੇ ਆਪਣੇ ਸਾਰੇ ਹਥਕੰਡੇ ਇਕੱਠੇ ਕਰਕੇ ਮੁਕਾਬਲੇ ਲਈ ਮੁੜ (ਮੈਦਾਨ ਵਿਚ) ਆ ਗਿਆ।

فَتَوَلَّىٰ فِرْعَوْنُ فَجَمَعَ كَيْدَهُ ثُمَّ أَتَىٰ 60

61. ਮੂਸਾ ਨੇ (ਜਾਦੂਗਰਾਂ ਨੂੰ) ਆਖਿਆ ਕਿ ਤੁਸੀਂ ਅੱਲਾਹ ਉੱਤੇ ਝੂਠ ਨਾ ਮੜ੍ਹੋ, ਨਹੀਂ ਤਾਂ ਉਹ ਤੁਹਾਨੂੰ ਅਜ਼ਾਬ ਨਾਲ ਬਰਬਾਦ ਕਰ ਦੇਵੇਗਾ, (ਖ਼ਬਰਦਾਰ ਰਹੋ ਕਿ) ਜਿਸ ਨੇ ਵੀ ਝੂਠ ਘੜ੍ਹਿਆ ਉਹ ਅਸਫ਼ਲ ਹੀ ਹੋਇਆ ਹੈ।

قَالَ لَهُم مُّوسَىٰ وَيْلَكُمْ لَا تَفْتَرُوا عَلَى اللَّهِ
كَذِبًا فَيُسْحِتَكُم بِعَذَابٍ ۖ وَقَدْ خَابَ
مَنِ افْتَرَىٰ ٦١

62. (ਇਹ ਸੁਣ ਕੇ) ਉਹਨਾਂ (ਜਾਦੂਗਰਾਂ) ਵਿਚਾਲੇ ਮਤਭੇਦ ਹੋਣ ਲਗਿਆ ਅਤੇ ਹੌਲੀ-ਹੌਲੀ ਆਪੋ ਵਿਚ ਸਲਾਹ ਮਸ਼ਵਰੇ ਕਰਨ ਲੱਗੇ।

فَتَنَازَعُوا أَمْرَهُم بَيْنَهُمْ وَأَسَرُّوا النَّجْوَىٰ ٦٢

63 ਅੰਤ ਵਿਚ ਫ਼ਿਰਔਨ ਤੇ ਉਸ ਦੇ ਦਰਬਾਰੀਆਂ ਨੇ ਕਿਹਾ ਕਿ ਇਹ ਦੋਵੇਂ (ਮੂਸਾ ਤੇ ਹਾਰੂਨ) ਜਾਦੂਗਰ ਹੀ ਹਨ ਅਤੇ ਉਹਨਾਂ ਦੀ ਇੱਛਾ ਇਹੋ ਹੈ ਕਿ ਆਪਣੇ ਜਾਦੂ ਦੇ ਜ਼ੋਰ ਨਾਲ ਤੁਹਾਨੂੰ ਸਾਰਿਆਂ ਨੂੰ ਤੁਹਾਡੇ ਦੇਸ਼ ਵਿਚੋਂ ਕੱਢ ਦੇਣ ਅਤੇ ਤੁਹਾਡੇ ਇਸ ਆਦਰਸ਼ ਜੀਵਨ ਪ੍ਰਣਾਲੀ ਨੂੰ ਬਰਬਾਦ ਕਰ ਦੇਣ।

قَالُوا إِنْ هَٰذَانِ لَسَاحِرَانِ يُرِيدَانِ أَن
يُخْرِجَاكُم مِّنْ أَرْضِكُم بِسِحْرِهِمَا
وَيَذْهَبَا بِطَرِيقَتِكُمُ الْمُثْلَىٰ ٦٣

64. ਸੋ ਤੁਸੀਂ ਆਪਣੇ ਸਾਰੇ ਉਪਾਵਾਂ ਨੂੰ ਜਮਾਂ ਕਰ ਲਵੋ ਅਤੇ ਇਕਜੁੱਟ ਹੋਕੇ ਆਓ, ਅੱਜ ਜਿਹੜਾ ਭਾਰੂ ਰਹੇਗਾ ਉਹੀਓ ਬਾਜ਼ੀ ਜਿੱਤ ਜਾਵੇਗਾ।

فَأَجْمِعُوا كَيْدَكُمْ ثُمَّ ائْتُوا صَفًّا ۚ
وَقَدْ أَفْلَحَ الْيَوْمَ مَنِ اسْتَعْلَىٰ ٦٤

65. (ਜਾਦੂਗਰ) ਆਖਣ ਲੱਗੇ ਕਿ ਹੇ ਮੂਸਾ! ਤੂੰ ਪਹਿਲਾਂ (ਜਾਦੂ) ਸੁੱਟੇਗਾ ਜਾਂ ਅਸੀਂ ਹੀ ਪਹਿਲਾਂ ਸੁੱਟੀਏ।

قَالُوا يَا مُوسَىٰ إِمَّا أَن تُلْقِيَ وَإِمَّا أَن نَّكُونَ أَوَّلَ
مَنْ أَلْقَىٰ ٦٥

66. ਮੂਸਾ ਨੇ ਕਿਹਾ ਕਿ ਨਹੀਂ ਤੁਸੀਂ ਹੀ ਪਹਿਲ ਕਰੋ। (ਜਦੋਂ ਜਾਦੂ ਲਈ ਜਾਦੂਗਰਾਂ ਨੇ ਰੱਸੀਆਂ ਤੇ ਸੋਟੀਆਂ ਸੁਟੀਆਂ ਤਾਂ) ਮੂਸਾ ਨੂੰ ਇੰਜ ਮਹਿਸੂਸ ਹੋਣ ਲੱਗ ਪਿਆ ਕਿ ਜਿਵੇਂ ਉਹਨਾਂ (ਜਾਦੂਗਰਾਂ) ਦੀਆਂ ਰੱਸੀਆਂ ਤੇ ਸੋਟੀਆਂ ਜਾਦੂ ਦੇ ਕਾਰਨ ਨੱਸ ਭੱਜ ਰਹੀਆਂ ਹਨ।

قَالَ بَلْ أَلْقُوا ۖ فَإِذَا حِبَالُهُمْ وَعِصِيُّهُمْ
يُخَيَّلُ إِلَيْهِ مِن سِحْرِهِمْ أَنَّهَا تَسْعَىٰ ٦٦

67. (ਇਹ ਵੇਖ ਕੇ) ਮੂਸਾ ਆਪਣੇ ਮਨ ਹੀ ਮਨ ਵਿਚ ਡਰ ਮਹਿਸੂਸ ਕਰਨ ਲਗਿਆ

فَأَوْجَسَ فِي نَفْسِهِ خِيفَةً مُوسَىٰ (67)

68. ਤਾਂ ਅਸੀਂ ਫ਼ਰਮਾਇਆ ਕਿ ਉੱਕਾ ਨਾ ਡਰ, ਤੂੰ ਹੀ ਕਾਬੂ ਰਹੇਗਾ।

قُلْنَا لَا تَخَفْ إِنَّكَ أَنْتَ الْأَعْلَىٰ (68)

69. ਅਤੇ ਤੇਰੇ ਸੱਜੇ ਹੱਥ ਵਿਚ ਜੋ (ਲਾਠੀ) ਹੈ ਉਸ ਨੂੰ ਸੁੱਟ ਦੇ, ਉਹਨਾਂ (ਜਾਦੂਗਰਾਂ) ਨੇ ਜੋ ਵੀ ਕਾਰੀਗਰੀ (ਕਰਤੱਬ) ਵਿਖਾਈ ਹੈ ਉਹ ਉਹਨਾਂ ਸਭ ਨੂੰ ਨਿਗਲ ਜਾਵੇਗੀ। ਉਹਨਾਂ ਨੇ ਜੋ ਵੀ ਬਣਾਇਆ ਹੈ ਉਹ ਸਭ ਜਾਦੂਗਰੀ ਦਾ ਸਾਂਗ ਹੈ ਅਤੇ ਜਾਦੂਗਰ ਕਦੇ ਵੀ ਸਫ਼ਲ ਨਹੀਂ ਹੋ ਸਕਦਾ ਭਾਵੇਂ ਕਿਤਿਓਂ ਵੀ ਆਵੇ।

وَأَلْقِ مَا فِي يَمِينِكَ تَلْقَفْ مَا صَنَعُوا ۖ إِنَّمَا
صَنَعُوا كَيْدُ سَاحِرٍ ۖ وَلَا يُفْلِحُ السَّاحِرُ حَيْثُ أَتَىٰ (69)

70. (ਜਿਵੇਂ ਹੀ) ਮੂਸਾ ਨੇ ਆਪਣੀ ਸੋਟੀ ਸੁੱਟੀ, ਸੋਟੀ ਇਕ ਅਜਗਰ ਬਣ ਗਈ ਅਤੇ ਜਾਦੂਗਰਾਂ ਵੱਲੋਂ ਸੁੱਟੀਆਂ ਹੋਇਆਂ ਸੋਟੀਆਂ ਦੇ ਬਣੇ ਹੋਏ ਸੱਪਾਂ ਨੂੰ ਖਾ ਗਈ, ਜਦੋਂ ਜਾਦੂਗਰਾਂ ਨੇ ਇਹ ਵੇਖਿਆ ਤਾਂ ਸਾਰੇ ਜਾਦੂਗਰ ਸਿਜਦੇ ਵਿਚ ਡਿਗ ਪਏ ਅਤੇ ਕਹਿਣ ਲੱਗੇ ਕਿ ਅਸੀਂ ਮੂਸਾ ਤੇ ਹਾਰੂਨ ਦੇ ਰੱਬ 'ਤੇ ਈਮਾਨ ਲਿਆਏ ਹਾਂ।

فَأُلْقِيَ السَّحَرَةُ سُجَّدًا قَالُوا آمَنَّا بِرَبِّ هَارُونَ
وَمُوسَىٰ (70)

71. ਫ਼ਿਰਔਨ ਨੇ (ਗੁੱਸੇ ਵਿਚ) ਆਖਿਆ ਕਿ ਮੈਥੋਂ ਪੁੱਛੇ ਬਿਨਾਂ ਹੀ ਤੁਸੀਂ ਉਸ (ਅੱਲਾਹ) 'ਤੇ ਈਮਾਨ ਲੈ ਆਏ? ਅਸਲ ਵਿਚ ਇਹ (ਮੂਸਾ) ਤੁਹਾਡਾ ਗੁਰੂ ਹੈ ਜਿਸ ਤੋਂ ਤੁਸੀਂ ਜਾਦੂ ਸਿੱਖਦੇ ਹੋ। ਮੈਂ ਤੁਹਾਡਾ ਇਕ ਪਾਸੇ ਦਾ ਹੱਥ ਅਤੇ ਦੂਜੇ ਪਾਸੇ ਦਾ ਪੈਰ ਵਢਾ ਦਿਆਂਗਾ ਅਤੇ ਤੁਹਾਨੂੰ ਸਾਰਿਆਂ ਨੂੰ ਖਜੂਰ ਦੇ ਪੋਰਿਆਂ 'ਤੇ ਸੂਲੀ 'ਤੇ ਚਾੜ੍ਹਾਂਗਾ ਅਤੇ ਫੇਰ ਤੁਹਾਨੂੰ ਪਤਾ ਲੱਗ ਜਾਵੇਗਾ ਕਿ ਸਾਡੇ ਦੋਹਾਂ (ਅੱਲਾਹ ਤੇ ਫ਼ਿਰਔਨ) ਵਿੱਚੋਂ ਕਿਸ ਦੀ ਸਜ਼ਾ ਵਧੇਰੇ ਕਰੜੀ ਤੇ ਸਦੀਵੀ ਹੈ।

قَالَ آمَنْتُمْ لَهُ قَبْلَ أَنْ آذَنَ لَكُمْ ۖ إِنَّهُ لَكَبِيرُكُمُ
الَّذِي عَلَّمَكُمُ السِّحْرَ ۖ فَلَأُقَطِّعَنَّ أَيْدِيَكُمْ وَأَرْجُلَكُمْ
مِنْ خِلَافٍ وَلَأُصَلِّبَنَّكُمْ فِي جُذُوعِ النَّخْلِ
وَلَتَعْلَمُنَّ أَيُّنَا أَشَدُّ عَذَابًا وَأَبْقَىٰ (71)

72. ਉਹਨਾਂ (ਜਾਦੂਗਰਾਂ) ਨੇ ਜਵਾਬ ਵਿਚ ਕਿਹਾ ਕਿ ਇਹ ਗੱਲ ਅਸੰਭਵ ਹੈ ਕਿ ਉਹਨਾਂ ਦਲੀਲਾਂ ਦੇ ਅੱਗੇ ਜਿਹੜੀਆਂ ਸਾਡੇ ਸਾਹਮਣੇ ਆ ਚੁੱਕੀਆਂ ਹਨ ਅਤੇ ਉਸ ਅੱਲਾਹ ਦੀ ਜ਼ਾਤ ਦੇ ਮੁਕਾਬਲੇ ਵਿਚ ਜਿਸ ਨੇ ਸਾਨੂੰ ਪੈਦਾ ਕੀਤਾ ਹੈ, ਅਸੀਂ ਤੈਨੂੰ (ਫ਼ਿਰਔਨ ਨੂੰ) ਪਹਿਲ ਦੇਈਏ। ਹੁਣ ਜੋ ਵੀ ਤੂੰ ਕਰਨਾ ਚਾਹੁੰਦਾ ਹੈ ਕਰ ਲੈ। ਤੂੰ ਜੋ ਵੀ ਹੁਕਮ ਚਲਾ ਸਕਦਾ ਹੈ ਉਹ ਕੇਵਲ ਇਸੇ ਜੀਵਨ ਤਕ ਹੀ ਸੀਮਤ ਹੈ।

قَالُوا لَن نُّؤْثِرَكَ عَلَىٰ مَا جَاءَنَا مِنَ الْبَيِّنَاتِ وَالَّذِي فَطَرَنَا ۖ فَاقْضِ مَا أَنتَ قَاضٍ ۖ إِنَّمَا تَقْضِي هَٰذِهِ الْحَيَاةَ الدُّنْيَا ﴿٧٢﴾

73. ਅਸੀਂ (ਜਾਦੂਗਰ) ਇਸ ਲਈ ਆਪਣੇ ਪਾਲਣਹਾਰ 'ਤੇ ਈਮਾਨ ਲਿਆਏ ਹਾਂ ਕਿ ਉਹ ਸਾਡੀਆਂ ਗ਼ਲਤੀਆਂ ਨੂੰ ਮੁਆਫ਼ ਕਰ ਦੇਵੇਗਾ ਅਤੇ (ਵਿਸ਼ੇਸ਼ ਕਰ) ਇਹ ਜਾਦੂਗਰੀ, ਜਿਸ ਲਈ ਤੂੰ ਸਾਨੂੰ ਮਜਬੂਰ ਕੀਤਾ ਹੈ। ਅੱਲਾਹ ਹੀ ਵਧੀਆ (ਬਦਲਾ ਦੇਣ ਵਾਲਾ) ਹੈ ਅਤੇ ਉਹੀਓ ਸਦਾ ਰਹਿਣ ਵਾਲਾ ਹੈ।

إِنَّا آمَنَّا بِرَبِّنَا لِيَغْفِرَ لَنَا خَطَايَانَا وَمَا أَكْرَهْتَنَا عَلَيْهِ مِنَ السِّحْرِ ۗ وَاللَّهُ خَيْرٌ وَأَبْقَىٰ ﴿٧٣﴾

74. ਅਸਲ ਵਿਚ ਜੋ ਵੀ ਵਿਅਕਤੀ ਅਪਰਾਧੀ ਬਣ ਕੇ ਅੱਲਾਹ ਦੇ ਹਜ਼ੂਰ ਪੇਸ਼ ਹੋਵੇਗਾ ਉਸ ਲਈ ਨਰਕ ਹੈ ਜਿੱਥੇ ਨਾ ਤਾਂ ਉਹ ਮਰ ਸਕੇਗਾ ਤੇ ਨਾ ਹੀ ਜੀ ਸਕੇਗਾ।

إِنَّهُ مَن يَأْتِ رَبَّهُ مُجْرِمًا فَإِنَّ لَهُ جَهَنَّمَ لَا يَمُوتُ فِيهَا وَلَا يَحْيَىٰ ﴿٧٤﴾

75 ਅਤੇ ਜਿਹੜਾ ਵੀ ਈਮਾਨ ਦੀ ਹਾਲਤ ਵਿਚ ਹਾਜ਼ਰ ਹੋਵੇਗਾ ਅਤੇ ਉਸ ਨੇ ਅਮਲ ਵੀ ਨੇਕ ਕੀਤੇ ਹੋਣਗੇ ਉਸ ਲਈ ਉੱਚੇ-ਉੱਚੇ ਮਰਾਤਬੇ ਹੋਣਗੇ।

وَمَن يَأْتِهِ مُؤْمِنًا قَدْ عَمِلَ الصَّالِحَاتِ فَأُولَٰئِكَ لَهُمُ الدَّرَجَاتُ الْعُلَىٰ ﴿٧٥﴾

76. ਵਾਸ ਰਹਿਣ ਲਈ ਸਦਾ ਬਹਾਰ ਬਾਗ਼ ਹੋਣਗੇ, ਜਿਨ੍ਹਾਂ ਹੇਠ ਨਹਿਰਾਂ ਵਗਦੀਆਂ ਹੋਣਗੀਆਂ, ਜਿੱਥੇ ਉਹ (ਨੇਕ ਲੋਕ) ਹਮੇਸ਼ਾ ਲਈ ਰਹਿਣਗੇ। ਇਹੀ

جَنَّاتُ عَدْنٍ تَجْرِي مِن تَحْتِهَا الْأَنْهَارُ خَالِدِينَ فِيهَا ۚ وَذَٰلِكَ جَزَاءُ مَن تَزَكَّىٰ ﴿٧٦﴾

ਇਨਾਮ ਹੈ ਹਰ ਉਸ ਵਿਅਕਤੀ ਦਾ ਜਿਹੜਾ (ਗੁਨਾਹਾਂ ਤੋਂ) ਪਾਕ ਹੋਵੇਗਾ।

77 ਅਸਾਂ ਮੂਸਾ ਵੱਲ ਪੈਗ਼ਾਮ ਭੇਜਿਆ ਕਿ ਤੂੰ ਰਾਤੋ ਰਾਤ ਮੇਰੇ ਬੰਦਿਆਂ ਨੂੰ ਇੱਥੋਂ ਲੈ ਕੇ ਨਿਕਲ ਜਾ ਅਤੇ ਉਹਨਾਂ ਲਈ ਦਰਿਆ ਵਿਚ (ਸੋਟੀ ਮਾਰ ਕੇ) ਸੁੱਕਾ ਰਾਹ ਬਣਾ। ਫੇਰ ਨਾਂ ਤਾਂ ਤੈਨੂੰ ਕਿਸੇ ਵੱਲੋਂ ਪਿੱਛਾ ਕਰਨ ਦੀ ਚਿੰਤਾ ਹੋਵੇਗੀ ਤੇ ਨਾ ਹੀ (ਡੁੱਬਣ ਦਾ) ਕੋਈ ਡਰ ਹੋਵੇਗਾ।

وَلَقَدْ أَوْحَيْنَا إِلَىٰ مُوسَىٰ أَنْ أَسْرِ بِعِبَادِي
فَاضْرِبْ لَهُمْ طَرِيقًا فِي الْبَحْرِ يَبَسًا لَا تَخَافُ
دَرَكًا وَلَا تَخْشَىٰ ٧٧

78 ਫ਼ਿਰਔਨ ਨੇ ਆਪਣੀਆਂ ਫ਼ੌਜਾਂ ਲੈਕੇ ਉਹਨਾਂ (ਮੂਸਾ ਅਤੇ ਸਾਥੀਆਂ) ਦਾ ਪਿੱਛਾ ਕੀਤਾ ਤਾਂ ਦਰਿਆ ਦੇ ਪਾਣੀ ਨੇ ਉਹਨਾਂ ਨੂੰ ਘੇਰ ਲਿਆ ਜਿਵੇਂ ਕਿ ਉਸ ਦਾ ਹੱਕ ਬਣਦਾ ਸੀ।

فَأَتْبَعَهُمْ فِرْعَوْنُ بِجُنُودِهِ فَغَشِيَهُمْ
مِنَ الْيَمِّ مَا غَشِيَهُمْ ٧٨

79. ਫ਼ਿਰਔਨ ਨੇ ਆਪਣੀ ਕੌਮ ਨੂੰ ਕੁਰਾਹੇ ਹੀ ਪਾਇਆ ਸੀ, ਸਿੱਧੇ ਰਾਹ ਨਹੀਂ ਸੀ ਪਾਇਆ।

وَأَضَلَّ فِرْعَوْنُ قَوْمَهُ وَمَا هَدَىٰ ٧٩

80. (ਅੱਲਾਹ ਨੇ ਫ਼ਰਮਾਇਆ) ਹੇ ਬਨੀ-ਇਸਰਾਈਲ! ਅਸੀਂ ਤੁਹਾਨੂੰ ਤੁਹਾਡੇ ਵੈਰੀਆਂ ਤੋਂ ਮੁਕਤ ਕਰਵਾਇਆ ਅਤੇ ਅਸੀਂ ਤੁਹਾਨੂੰ ਤੂਰ ਪਹਾੜ ਦੇ ਸੱਜੇ ਪਾਸੇ ਤੌਰੇਤ ਦੇਣ ਦਾ ਵਾਅਦਾ ਕੀਤਾ ਸੀ ਅਤੇ ਤੁਹਾਡੇ ਲਈ ਅਕਾਸ਼ ਤੋਂ ਮਨ ਤੇ ਸਲਵਾ ਵੀ ਉਤਾਰਿਆ ਸੀ।[1]

يَا بَنِي إِسْرَائِيلَ قَدْ أَنْجَيْنَاكُمْ مِنْ عَدُوِّكُمْ
وَوَاعَدْنَاكُمْ جَانِبَ الطُّورِ الْأَيْمَنَ وَنَزَّلْنَا
عَلَيْكُمُ الْمَنَّ وَالسَّلْوَىٰ ٨٠

81 ਜਿਹੜੀਆਂ ਵੀ ਪਾਕ ਚੀਜ਼ਾਂ ਅਸੀਂ ਤੁਹਾਨੂੰ ਬਖ਼ਸ਼ੀਆਂ ਹਨ ਉਹਨਾਂ ਵਿਚੋਂ ਹੀ ਖਾਇਆ ਕਰੋ ਅਤੇ ਇਸ ਤੋਂ ਅੱਗੇ ਨਾ ਵਧੋ, ਨਹੀਂ ਤਾਂ ਤੁਹਾਡੇ 'ਤੇ ਮੇਰਾ ਗ਼ਜ਼ਬ (ਕਰੋਪ) ਨਾਜ਼ਿਲ ਹੋਵੇਗਾ ਅਤੇ ਜਿਸ ਉੱਤੇ ਵੀ ਮੇਰਾ ਗ਼ਜ਼ਬ ਆ ਜਾਵੇ ਉਹ ਬਰਬਾਦ ਹੋ ਜਾਂਦਾ ਹੈ।

كُلُوا مِنْ طَيِّبَاتِ مَا رَزَقْنَاكُمْ وَلَا تَطْغَوْا
فِيهِ فَيَحِلَّ عَلَيْكُمْ غَضَبِي وَمَنْ يَحْلِلْ عَلَيْهِ
غَضَبِي فَقَدْ هَوَىٰ ٨١

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 57/2

82. ਅਤੇ ਜਿਹੜੇ (ਅੱਲਾਹ ਦੀ ਨਾ-ਫ਼ਰਮਾਨੀ ਤੋਂ) ਤੌਬਾ ਕਰਨ, ਫੇਰ ਈਮਾਨ ਲਿਆਉਣ ਤੇ ਨੇਕ ਕੰਮ ਵੀ ਕਰਨ ਅਤੇ ਫੇਰ ਸਿੱਧੀ ਰਾਹ 'ਤੇ ਹੀ ਰਹਿਣ। ਬੇਸ਼ੱਕ ਮੈਂ ਅਤਿ ਅੰਤ ਬਖ਼ਸ਼ਣਹਾਰ ਹਾਂ।

وَإِنِّي لَغَفَّارٌ لِّمَن تَابَ وَآمَنَ وَعَمِلَ صَالِحًا ثُمَّ اهْتَدَىٰ ﴿٨٢﴾

83 (ਜਦੋਂ ਮੂਸਾ ਹਾਰੂਨ ਤੇ ਬਨੀ-ਇਸਰਾਈਲੀਆਂ ਨੂੰ ਛੱਡ ਕੇ ਰੱਬ ਨੂੰ ਮਿਲਣ ਲਈ ਤੂਰ ਪਹਾੜ 'ਤੇ ਆਏ ਤਾਂ ਅੱਲਾਹ ਨੇ ਪੁੱਛਿਆ ਕਿ) ਮੂਸਾ ਤੂੰ ਆਪਣੀ ਕੌਮ ਤੋਂ ਅੱਗੇ ਚੱਲਣ ਵਿਚ ਛੇਤੀ ਕਿਉਂ ਕੀਤੀ?

وَمَا أَعْجَلَكَ عَن قَوْمِكَ يَا مُوسَىٰ ﴿٨٣﴾

84 (ਮੂਸਾ ਨੇ) ਕਿਹਾ ਕਿ ਉਹ ਲੋਕ ਵੀ ਮੇਰੇ ਪਿੱਛੇ-ਪਿੱਛੇ ਆ ਰਹੇ ਹਨ ਅਤੇ ਹੇ ਰੱਬ! ਮੈਂਨੇ ਤੇਰੇ ਵੱਲ ਆਉਣ ਵਿਚ ਛੇਤੀ ਇਸ ਲਈ ਕੀਤੀ ਕਿ ਤੂੰ ਖ਼ੁਸ਼ ਹੋ ਜਾਵੇਂ।

قَالَ هُمْ أُولَاءِ عَلَىٰ أَثَرِي وَعَجِلْتُ إِلَيْكَ رَبِّ لِتَرْضَىٰ ﴿٨٤﴾

85. (ਅੱਲਾਹ ਨੇ) ਫ਼ਰਮਾਇਆ ਕਿ ਅਸੀਂ ਤੇਰੇ ਪਿੱਛੋਂ ਤੇਰੀ ਕੌਮ ਨੂੰ ਇਕ ਅਜ਼ਮਾਇਸ਼ ਵਿਚ ਪਾ ਦਿੱਤਾ ਹੈ, ਉਹਨਾਂ ਨੂੰ ਸਾਮਰੀ ਨੇ ਕੁਰਾਹੇ ਪਾ ਦਿੱਤਾ ਹੈ।

قَالَ فَإِنَّا قَدْ فَتَنَّا قَوْمَكَ مِن بَعْدِكَ وَأَضَلَّهُمُ السَّامِرِيُّ ﴿٨٥﴾

86. ਫੇਰ ਮੂਸਾ ਅਤਿਅੰਤ ਗੁੱਸੇ ਅਤੇ ਦੁਖੀ ਹੋਕੇ ਆਪਣੀ ਕੌਮ ਵੱਲ ਪਰਤਿਆ ਅਤੇ ਆਖਣ ਲੱਗਾ ਕਿ ਹੇ ਮੇਰੀ ਕੌਮ ਵਾਲਿਓ! ਕੀ ਤੁਹਾਡੇ ਰੱਬ ਨੇ ਤੁਹਾਡੇ ਨਾਲ ਨੇਕ ਵਾਅਦਾ ਨਹੀਂ ਸੀ ਕੀਤਾ? ਕੀ ਤੁਹਾਨੂੰ ਮੇਰੀ ਜੁਦਾਈ ਦਾ ਸਮਾਂ ਲੰਮਾ ਲੱਗ ਰਿਹਾ ਸੀ ਜਾਂ ਤੁਸੀਂ ਇਹ ਚਾਹੁੰਦੇ ਹੋ ਕਿ ਤੁਹਾਡੇ 'ਤੇ ਤੁਹਾਡੇ ਪਾਲਣਹਾਰ ਦਾ ਕਰੋਪ ਨਾਜ਼ਿਲ ਹੋਵੇ? ਤੁਸੀਂ ਮੇਰੇ ਨਾਲ ਕੀਤੇ ਹੋਏ ਵਚਨਾਂ ਤੋਂ ਫਿਰ ਗਏ (ਕਿ ਅਸੀਂ ਤੁਹਾਡਾ ਕਹਿਣਾ ਮੰਨਾਂਗੇ ਤੁਸੀਂ ਸਾਨੂੰ ਫ਼ਿਰਔਨ ਤੋਂ ਬਚਾਓ)।

فَرَجَعَ مُوسَىٰ إِلَىٰ قَوْمِهِ غَضْبَانَ أَسِفًا ۚ قَالَ يَا قَوْمِ أَلَمْ يَعِدْكُمْ رَبُّكُمْ وَعْدًا حَسَنًا ۚ أَفَطَالَ عَلَيْكُمُ الْعَهْدُ أَمْ أَرَدتُّمْ أَن يَحِلَّ عَلَيْكُمْ غَضَبٌ مِّن رَّبِّكُمْ فَأَخْلَفْتُم مَّوْعِدِي ﴿٨٦﴾

87. ਉਹਨਾਂ (ਬਨੀ-ਇਸਰਾਈਲੀਆਂ) ਨੇ ਉੱਤਰ ਵਿਚ ਕਿਹਾ ਕਿ ਅਸੀਂ ਤੁਹਾਡੇ ਨਾਲ ਵਚਨਾਂ ਦੀ ਉਲੰਘਣਾ ਆਪਣੀ ਮਰਜ਼ੀ ਨਾਲ ਨਹੀਂ ਕੀਤੀ, ਸਾਥੋਂ ਫ਼ਿਰਔਨ ਦੀ ਕੌਮ ਦੇ ਗਹਿਣਿਆਂ ਦਾ ਭਾਰ ਚੁਕਵਾਇਆ ਗਿਆ ਸੀ। ਅਸੀਂ ਉਹਨਾਂ ਨੂੰ (ਅੱਗ ਵਿਚ) ਸੁੱਟ ਦਿੱਤਾ ਸੀ ਅਤੇ ਇੰਜ ਹੀ ਸਾਮਰੀ ਨੇ ਵੀ ਗਹਿਣੇ (ਅੱਗ ਵਿਚ) ਸੁੱਟ ਦਿੱਤੇ ਸੀ।

قَالُوا مَا أَخْلَفْنَا مَوْعِدَكَ بِمَلْكِنَا وَلَٰكِنَّا
حُمِّلْنَا أَوْزَارًا مِّن زِينَةِ الْقَوْمِ فَقَذَفْنَاهَا
فَكَذَٰلِكَ أَلْقَى السَّامِرِيُّ ﴿٨٧﴾

88. ਫੇਰ ਉਸ (ਸਾਮਰੀ) ਨੇ ਉਹਨਾਂ (ਬਨੀ-ਇਸਰਾਈਲੀਆਂ) ਲਈ ਗਹਿਣਿਆਂ ਦਾ ਇਕ ਵੱਛੇ ਦਾ ਪਤੂ ਬਣਾ ਦਿੱਤਾ ਜਿਸ ਵਿੱਚੋਂ (ਗਊ ਦੀ) ਆਵਾਜ਼ ਨਿਕਲਦੀ ਸੀ ਅਤੇ ਫੇਰ ਉਹ ਲੋਕ ਆਖਣ ਲੱਗੇ ਕਿ ਤੁਹਾਡਾ ਇਸ਼ਟ ਅਤੇ ਮੂਸਾ ਦਾ ਇਸ਼ਟ ਇਹੋ ਹੈ, ਉਹ ਮੂਸਾ ਤਾਂ (ਸਾਨੂੰ) ਭੁਲ ਗਿਆ ਹੈ।

فَأَخْرَجَ لَهُمْ عِجْلًا جَسَدًا لَّهُ خُوَارٌ فَقَالُوا هَٰذَا
إِلَٰهُكُمْ وَإِلَٰهُ مُوسَىٰ فَنَسِيَ ﴿٨٨﴾

89. ਕੀ ਇਹ (ਕੁਰਾਹੇ ਪਏ ਹੋਏ) ਲੋਕ ਇਹ ਨਹੀਂ ਸੀ ਵੇਖਦੇ ਕਿ ਇਹ (ਵੱਛਾ) ਉਹਨਾਂ ਦੀ ਕਿਸੇ ਗੱਲ ਦਾ ਜਵਾਬ ਨਹੀਂ ਦੇ ਸਕਦਾ ਅਤੇ ਨਾ ਹੀ ਉਹਨਾਂ ਲਈ ਲਾਭ ਹਾਨੀ ਦਾ ਕੋਈ ਅਧਿਕਾਰ ਰੱਖਦਾ ਹੈ।

أَفَلَا يَرَوْنَ أَلَّا يَرْجِعُ إِلَيْهِمْ قَوْلًا وَلَا يَمْلِكُ
لَهُمْ ضَرًّا وَلَا نَفْعًا ﴿٨٩﴾

90. ਜਦ ਕਿ ਹਾਰੂਨ ਨੇ ਉਹਨਾਂ ਨੂੰ ਪਹਿਲਾਂ ਹੀ ਆਖ ਦਿੱਤਾ ਸੀ ਕਿ ਹੇ ਮੇਰੀ ਕੌਮ! ਇਸ (ਵੱਛੇ) ਦੇ ਕਾਰਨ ਤਾਂ ਤੁਹਾਡੀ ਅਜ਼ਮਾਇਸ਼ ਕੀਤੀ ਗਈ ਹੈ, ਤੁਹਾਡਾ ਅਸਲੀ ਪਾਲਣਹਾਰ ਤਾਂ ਰਹਿਮਾਨ ਹੀ ਹੈ ਸੋ ਤੁਸੀਂ ਸਾਰੇ ਮੇਰੇ ਪਿੱਛੇ ਲੱਗੋ ਅਤੇ ਮੇਰੀ ਹੀ ਗੱਲ ਮੰਨੋ।

وَلَقَدْ قَالَ لَهُمْ هَارُونُ مِن قَبْلُ يَا قَوْمِ إِنَّمَا
فُتِنتُم بِهِ ۖ وَإِنَّ رَبَّكُمُ الرَّحْمَٰنُ فَاتَّبِعُونِي
وَأَطِيعُوا أَمْرِي ﴿٩٠﴾

91. ਪਰੰਤੂ ਉਹਨਾਂ ਨੇ ਉੱਤਰ ਦਿੱਤਾ ਕਿ ਮੂਸਾ ਦੇ ਮੁੜ ਆਉਣ ਤਕ ਤਾਂ ਅਸੀਂ ਇਸੇ (ਵੱਛੇ) ਦੀ ਹੀ ਪੂਜਾ ਕਰਾਂਗੇ।

قَالُوا لَن نَّبْرَحَ عَلَيْهِ عَاكِفِينَ حَتَّىٰ يَرْجِعَ إِلَيْنَا
مُوسَىٰ ﴿٩١﴾

92. ਫੇਰ ਮੂਸਾ ਨੇ ਹਾਰੂਨ ਨੂੰ ਕਿਹਾ ਕਿ ਹੇ ਹਾਰੂਨ ਉਹਨਾਂ ਨੂੰ ਕੁਰਾਹੇ ਪੈਂਦੇ ਵੇਖ ਕੇ ਤੈਨੂੰ ਕਿਸ ਗੱਲ ਨੇ ਰੋਕ ਰੱਖਿਆ ਸੀ?

قَالَ يٰهٰرُوْنُ مَا مَنَعَكَ اِذْ رَاَيْتَهُمْ ضَلُّوْٓا ﴿92﴾

93. ਤੂੰ ਮੇਰੇ ਪਿੱਛੇ (ਤੂਰ ਪਹਾੜ 'ਤੇ) ਨਹੀਂ ਆਇਆ ਕੀ ਤੂੰ ਵੀ ਮੇਰੇ ਹੁਕਮਾਂ ਦੀ ਉਲੰਘਣਾਂ ਕਰਨ ਲੱਗ ਪਿਆ?

اَلَّا تَتَّبِعَنِ ۭ اَفَعَصَيْتَ اَمْرِيْ ﴿93﴾

94. ਕਿਹਾ (ਹਾਰੂਨ ਨੇ) ਕਿ ਹੇ ਮੇਰੇ ਮਾਂ ਜਾਇਆ ਤੂੰ ਮੇਰੀ ਦਾੜ੍ਹੀ ਨਾ ਫੜ ਅਤੇ ਮੇਰੇ ਸਿਰ ਦੇ ਵਾਲਾਂ ਨੂੰ ਨਾ ਖਿੱਚ ਮੈਂ ਤਾਂ ਇਸ ਗੱਲ ਤੋਂ ਡਰਦਾ ਸੀ ਕਿ ਤੁਸੀਂ ਆਕੇ ਇਹ ਨਾ ਆਖੋ ਕਿ ਤੂੰ ਬਨੀ-ਇਸਰਾਈਲ ਵਿਚ ਫੁਟ ਪਾ ਦਿੱਤੀ ਹੈ, ਮੇਰੀ ਗੱਲ ਦਾ ਧਿਆਨ ਨਹੀਂ ਰੱਖਿਆ।

قَالَ يَبْنَؤُمَّ لَا تَاْخُذْ بِلِحْيَتِيْ وَلَا بِرَاْسِيْ ۚ اِنِّيْ خَشِيْتُ اَنْ تَقُوْلَ فَرَّقْتَ بَيْنَ بَنِيْٓ اِسْرَاۗءِيْلَ وَلَمْ تَرْقُبْ قَوْلِيْ ﴿94﴾

95. ਪੁੱਛਿਆ (ਮੂਸਾ ਨੇ) ਕਿ ਹੇ ਸਾਮਰੀ! ਤੇਰਾ ਮਾਮਲਾ ਕੀ ਹੈ?

قَالَ فَمَا خَطْبُكَ يٰسَامِرِيُّ ﴿95﴾

96. ਉਸ (ਸਾਮਰੀ) ਨੇ ਕਿਹਾ ਕਿ ਮੈਂ ਇਕ ਉਹ ਚੀਜ਼ ਵੇਖੀ ਹੈ ਜਿਹੜੀ ਇਹਨਾਂ ਲੋਕਾਂ ਨੇ ਨਹੀਂ ਸੀ ਵੇਖੀ। ਮੈਂਨੇ ਜਿਬਰਾਈਲ ਦੇ ਘੋੜੇ ਦੇ ਪੈਰਾਂ ਦੀ ਮਿੱਟੀ ਚੋਂ ਇਕ ਮੁੱਠ ਚੁੱਕ ਲਈ ਤੇ ਉਸ ਨੂੰ (ਅੱਗ ਵਿਚ) ਸੁੱਟ ਦਿੱਤਾ। ਮੇਰੇ ਮਨ ਨੇ ਮੈਨੂੰ ਇਹੋ ਸੁਝਾਇਆ ਸੀ।

قَالَ بَصُرْتُ بِمَا لَمْ يَبْصُرُوْا بِهٖ فَقَبَضْتُ قَبْضَةً مِّنْ اَثَرِ الرَّسُوْلِ فَنَبَذْتُهَا وَكَذٰلِكَ سَوَّلَتْ لِيْ نَفْسِيْ ﴿96﴾

97 (ਮੂਸਾ ਨੇ) ਕਿਹਾ ਕਿ ਚੰਗਾ ਤੂੰ ਜਾ, ਹੁਣ ਸਾਰੀ ਉਮਰ ਤੇਰੀ ਇਹੋ ਸਜ਼ਾ ਹੈ ਕਿ ਤੂੰ (ਲੋਕਾਂ ਨੂੰ) ਆਖਿਆ ਕਰੇਂਗਾ ਕਿ ਮੈਨੂੰ ਨਾ ਛੂਹਣਾ ਅਤੇ ਤੇਰੇ ਲਈ (ਆਖ਼ਿਰਤ ਦੀ ਸਜ਼ਾ ਦਾ) ਇਕ ਹੋਰ ਵੀ ਵਾਅਦਾ ਹੈ ਜਿਹੜਾ ਟਲਣ ਵਾਲਾ ਨਹੀਂ। ਫੇਰ ਤੂੰ ਆਪਣੇ ਇਸ ਇਸ਼ਟ ਨੂੰ ਵੀ ਵੇਖ ਲਈਂ ਜਿਸ ਦੀ ਤੂੰ ਪੂਜਾ ਕਰਦਾ ਸੀ, ਅਸੀਂ ਇਸ ਨੂੰ (ਅੱਗ ਵਿਚ) ਸਾੜ ਦਿਆਂਗੇ ਅਤੇ ਚੂਰਾ-ਚੂਰਾ ਕਰਕੇ ਦਰਿਆ ਵਿਚ ਸੁੱਟ ਦਿਆਂਗੇ।

قَالَ فَاذْهَبْ فَاِنَّ لَكَ فِي الْحَيٰوةِ اَنْ تَقُوْلَ لَا مِسَاسَ ۠ وَاِنَّ لَكَ مَوْعِدًا لَّنْ تُخْلَفَهٗ ۚ وَانْظُرْ اِلٰٓى اِلٰهِكَ الَّذِيْ ظَلْتَ عَلَيْهِ عَاكِفًا ۭ لَنُحَرِّقَنَّهٗ ثُمَّ لَنَنْسِفَنَّهٗ فِي الْيَمِّ نَسْفًا ﴿97﴾

98. ਹਕੀਕਤ ਇਹ ਹੈ ਕਿ ਤੁਹਾਡਾ ਸਭ ਦਾ ਇਸ਼ਟ ਕੇਵਲ ਇਕ ਅੱਲਾਹ ਹੈ, ਉਸ ਤੋਂ ਛੁੱਟ ਹੋਰ ਕੋਈ ਵੀ ਪੂਜਣ ਯੋਗ ਨਹੀਂ ਅਤੇ ਉਸ ਦਾ ਗਿਆਨ ਹਰੇਕ ਚੀਜ਼ 'ਤੇ ਭਾਰੂ ਹੈ।

إِنَّمَا إِلَٰهُكُمُ اللَّهُ الَّذِي لَا إِلَٰهَ إِلَّا هُوَ ۚ وَسِعَ كُلَّ شَيْءٍ عِلْمًا ﴿٩٨﴾

99. ਇਸ ਪ੍ਰਕਾਰ (ਹੇ ਮੁਹੰਮਦ ਸ:!) ਅਸੀਂ ਤੁਹਾਡੇ ਸਾਹਮਣੇ ਪਿਛਲੇ ਵਾਪਰੇ ਹੋਏ ਹਾਲਾਤ ਰੱਖ ਰਹੇ ਹਾਂ ਅਤੇ ਅਸੀਂ ਆਪਣੇ ਕੋਲੋਂ ਤੁਹਾਨੂੰ ਇਕ ਨਸੀਹਤ (ਕੁਰਆਨ) ਬਖ਼ਸ਼ ਚੁੱਕੇ ਹਾਂ।

كَذَٰلِكَ نَقُصُّ عَلَيْكَ مِنْ أَنْبَاءِ مَا قَدْ سَبَقَ ۚ وَقَدْ آتَيْنَاكَ مِنْ لَدُنَّا ذِكْرًا ﴿٩٩﴾

100. ਜਿਹੜਾ ਵੀ ਇਸ (ਨਸੀਹਤ) ਤੋਂ ਮੂੰਹ ਮੋੜੇਗਾ ਉਹ ਕਿਆਮਤ ਵਾਲੇ ਦਿਨ ਆਪਣੇ (ਪਾਪਾਂ ਦਾ) ਭਾਰ ਆਪ ਹੀ ਚੁੱਕੇਗਾ।[1]

مَنْ أَعْرَضَ عَنْهُ فَإِنَّهُ يَحْمِلُ يَوْمَ الْقِيَامَةِ وِزْرًا ﴿١٠٠﴾

101. ਉਹ (ਪਾਪੀ) ਉਸੇ (ਬਿਪਤਾ) ਵਿਚ ਸਦਾ ਲਈ (ਫਸੇ) ਰਹਿਣਗੇ ਅਤੇ ਕਿਆਮਤ ਦਿਹਾੜੇ ਇਹ (ਪਾਪਾਂ ਦਾ) ਭਾਰ ਉਹਨਾਂ ਲਈ ਬੜਾ ਹੀ ਦੁਖਦਾਈ ਹੋਵੇਗਾ।

خَالِدِينَ فِيهِ ۖ وَسَاءَ لَهُمْ يَوْمَ الْقِيَامَةِ حِمْلًا ﴿١٠١﴾

102. ਜਿਸ ਦਿਨ ਬਿਗੁਲ (ਨਰਸਿੰਘਾ) ਵਜਾਇਆ ਜਾਵੇਗਾ, ਉਸ ਦਿਨ ਅਸੀਂ ਸਾਰੇ ਅਪਰਾਧੀਆਂ ਨੂੰ ਇਕੱਠਾ ਕਰਾਂਗੇ ਜਿਨ੍ਹਾਂ ਦੀਆਂ ਅੱਖਾਂ ਨੀਲੀਆਂ (ਪੀਲੀਆਂ) ਹੋ ਰਹੀਆਂ ਹੋਣਗੀਆਂ।

يَوْمَ يُنْفَخُ فِي الصُّورِ ۚ وَنَحْشُرُ الْمُجْرِمِينَ يَوْمَئِذٍ زُرْقًا ﴿١٠٢﴾

103 ਉਹ (ਪਾਪੀ) ਆਪਸ ਵਿਚ ਹੌਲੀ ਹੌਲੀ ਗੱਲਾਂ ਕਰਨਗੇ ਕਿ ਅਸੀਂ ਤਾਂ (ਸੰਸਾਰ ਵਿਚ) ਕੇਵਲ ਦਸ ਦਿਨ ਹੀ ਰਹੇ ਸੀ।

يَتَخَافَتُونَ بَيْنَهُمْ إِنْ لَبِثْتُمْ إِلَّا عَشْرًا ﴿١٠٣﴾

104. ਉਹ ਜੋ ਕਹਿ ਰਹੇ ਹਨ ਅਸੀਂ ਉਸ ਦੀ ਸੱਚਾਈ ਨੂੰ ਜਾਣਦੇ ਹਾਂ, ਉਹਨਾਂ (ਪਾਪੀਆਂ) ਵਿੱਚੋਂ ਜਿਹੜਾ ਸੂਝਵਾਨ ਹੋਵੇਗਾ ਉਹ ਕਹੇਗਾ ਕਿ ਤੁਸੀਂ ਤਾਂ ਕੇਵਲ (ਸੰਸਾਰ ਵਿਚ) ਇਕ ਦਿਨ ਹੀ ਰਹੇ ਸੀ।

نَحْنُ أَعْلَمُ بِمَا يَقُولُونَ إِذْ يَقُولُ أَمْثَلُهُمْ طَرِيقَةً إِنْ لَبِثْتُمْ إِلَّا يَوْمًا ﴿١٠٤﴾

---

1 ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

105. (ਹੇ ਨਬੀ!) ਉਹ (ਕਾਫ਼ਿਰ) ਤੁਹਾਥੋਂ ਪਹਾੜਾਂ ਬਾਰੇ ਪੁੱਛਦੇ ਹਨ, ਤੁਸੀਂ ਆਖੋ ਕਿ ਕਿਆਮਤ ਦਿਹਾੜੇ ਉਹਨਾਂ ਨੂੰ ਮੇਰਾ ਮਾਲਿਕ (ਧੂੜ ਬਣਾ ਕੇ) ਉਡਾ ਦੇਵੇਗਾ।

وَيَسْـَٔلُونَكَ عَنِ الْجِبَالِ فَقُلْ يَنسِفُهَا رَبِّي نَسْفًا ﴿١٠٥﴾

106. ਅਤੇ ਧਰਤੀ ਨੂੰ ਰੜਾ ਮੈਦਾਨ ਬਣਾ ਦੇਵੇਗਾ।

فَيَذَرُهَا قَاعًا صَفْصَفًا ﴿١٠٦﴾

107. ਜਿਸ ਵਿਚ ਨਾ ਤਾਂ ਕੋਈ ਮੋੜ ਹੋਵੇਗਾ ਤੇ ਨਾ ਹੀ ਕੋਈ ਉੱਚਾਈ ਹੋਵੇਗੀ।

لَّا تَرَىٰ فِيهَا عِوَجًا وَلَا أَمْتًا ﴿١٠٧﴾

108. ਉਸ ਦਿਨ ਸਾਰੇ ਲੋਕੀ ਬੁਲਾਉਣ ਵਾਲੇ (ਫ਼ਰਿਸ਼ਤੇ) ਦੇ ਪਿੱਛੇ ਪਿੱਛੇ ਤੁਰਨਗੇ ਜਿਸ ਦੇ ਸਾਹਮਣੇ ਕੋਈ ਆਕੜ ਨਹੀਂ ਵਿਖਾ ਸਕੇਗਾ ਅਤੇ ਰਹਿਮਾਨ ਦੇ ਅੱਗੇ ਸਾਰੀਆਂ ਆਵਾਜ਼ਾਂ ਦਬ ਜਾਣਗੀਆਂ। ਇਕ ਸਰਸਰਾਹਟ ਤੋਂ ਛੁੱਟ ਹੋਰ ਕੁੱਝ ਵੀ ਸੁਣਾਈ ਨਹੀਂ ਦੇਵੇਗਾ।

يَوْمَئِذٍ يَتَّبِعُونَ الدَّاعِيَ لَا عِوَجَ لَهُ ۖ وَخَشَعَتِ الْأَصْوَاتُ لِلرَّحْمَٰنِ فَلَا تَسْمَعُ إِلَّا هَمْسًا ﴿١٠٨﴾

109. ਉਸ (ਕਿਆਮਤ ਵਾਲੇ) ਦਿਨ ਕੋਈ ਵੀ ਸਿਫ਼ਾਰਸ਼ ਕੰਮ ਨਹੀਂ ਆਵੇਗੀ ਪਰ ਉਹ ਕੰਮ ਆਵੇਗੀ ਜਿਸ ਨੂੰ ਰਹਿਮਾਨ (ਸਿਫ਼ਾਰਸ਼ ਕਰਨ ਦੀ) ਆਗਿਆ ਦੇਵੇ ਅਤੇ ਉਸ ਦੀ ਗੱਲ ਨੂੰ ਪਸੰਦ ਵੀ ਕਰੇ।

يَوْمَئِذٍ لَّا تَنفَعُ الشَّفَاعَةُ إِلَّا مَنْ أَذِنَ لَهُ الرَّحْمَٰنُ وَرَضِيَ لَهُ قَوْلًا ﴿١٠٩﴾

110. ਜੋ ਕੁੱਝ ਵੀ ਉਹਨਾਂ ਲੋਕਾਂ ਦਾ ਅਗਲਾ ਪਿਛਲਾ ਹਾਲ ਹੈ ਉਸ ਨੂੰ ਉਹ (ਅੱਲਾਹ) ਜਾਣਦਾ ਹੈ। ਲੋਕਾਂ ਦਾ ਗਿਆਨ ਉਸ (ਅੱਲਾਹ ਦੇ ਗਿਆਨ) 'ਤੇ ਭਾਰੂ ਨਹੀਂ ਹੋ ਸਕਦਾ।

يَعْلَمُ مَا بَيْنَ أَيْدِيهِمْ وَمَا خَلْفَهُمْ وَلَا يُحِيطُونَ بِهِ عِلْمًا ﴿١١٠﴾

111. ਸਾਰੇ ਲੋਕਾਂ ਦੇ ਚਿਹਰੇ (ਸੀਸ) ਉਸ ਸਦਾ ਜੀਵਿਤ ਅਤੇ ਸਦਾ ਕਾਇਮ ਰਹਿਣ ਵਾਲੇ (ਅੱਲਾਹ) ਦੇ ਅੱਗੇ ਝੁਕੇ ਹੋਏ ਹੋਣਗੇ, ਉਹ ਬਰਬਾਦ ਹੋ ਜਾਵੇਗਾ ਜਿਸ ਨੇ ਆਪਣੇ ਸਿਰ 'ਤੇ ਜ਼ੁਲਮ (ਭਾਵ ਸ਼ਿਰਕ) ਦਾ ਭਾਰ ਚੁੱਕ ਲਿਆ।

وَعَنَتِ الْوُجُوهُ لِلْحَيِّ الْقَيُّومِ ۖ وَقَدْ خَابَ مَنْ حَمَلَ ظُلْمًا ﴿١١١﴾

112. ਅਤੇ ਜਿਹੜਾ ਭਲੇ ਕੰਮ ਕਰੇ ਅਤੇ ਹੋਵੇ ਵੀ ਈਮਾਨ ਵਾਲਾ ਤਾਂ ਉਸ ਨੂੰ ਨਾ ਤਾਂ ਵਧੀਕੀ ਹੋਣ ਦਾ ਡਰ ਹੋਵੇਗਾ ਅਤੇ ਨਾ ਹੀ ਕਿਸੇ ਹੱਕ ਮਰਨ ਦਾ ਡਰ ਹੋਵੇਗਾ।

وَمَنْ يَعْمَلْ مِنَ الصّٰلِحٰتِ وَهُوَ مُؤْمِنٌ فَلَا يَخٰفُ ظُلْمًا وَّلَا هَضْمًا ﴿١١٢﴾

113. ਇਸੇ ਕਾਰਨ ਅਸੀਂ ਤੇਰੇ 'ਤੇ (ਹੇ ਨਬੀ!) ਅਰਬੀ ਕੁਰਆਨ ਉਤਾਰਿਆ ਹੈ ਅਤੇ ਇਸ ਵਿਚ ਤਰ੍ਹਾਂ-ਤਰ੍ਹਾਂ ਨਾਲ ਚਿਤਾਵਨੀਆਂ ਸੁਣਾਈਆਂ ਗਈਆਂ ਹਨ ਤਾਂ ਜੋ ਲੋਕੀ ਬੁਰਾਈਆਂ ਤੋਂ ਬਚ ਜਾਣ ਜਾਂ ਉਹਨਾਂ ਦੇ ਮਨ ਵਿਚ ਨਸੀਹਤ (ਗ੍ਰਹਿਣ ਕਰਨ ਵਾਲੇ) ਲੱਛਣ ਪੈਦਾ ਹੋਣ।

وَكَذٰلِكَ اَنْزَلْنٰهُ قُرْاٰنًا عَرَبِيًّا وَّصَرَّفْنَا فِيْهِ مِنَ الْوَعِيْدِ لَعَلَّهُمْ يَتَّقُوْنَ اَوْ يُحْدِثُ لَهُمْ ذِكْرًا ﴿١١٣﴾

114. ਸੋ ਅੱਲਾਹ ਉੱਚੀਆਂ ਸ਼ਾਨਾ ਵਾਲਾ ਸੱਚਾ ਪਾਤਸ਼ਾਹ ਹੈ (ਹੇ ਮੁਹੰਮਦ ਸ:!) ਤੁਸੀਂ ਕੁਰਆਨ ਪੜ੍ਹਣ ਵਿਚ ਕਾਹਲੀ ਨਾ ਕਰਿਆ ਕਰੋ ਜਦੋਂ ਤਕ ਕਿ ਤੁਹਾਡੇ ਵੱਲ ਨਾਜ਼ਿਲ ਕੀਤੀ ਜਾ ਰਹੀ ਵਹੀ ਪੂਰੀ ਨਾ ਹੋ ਜਾਵੇ। ਹਾਂ! ਇਹ ਦੁਆ ਕਰਿਆ ਕਰੋ ਕਿ ਹੇ ਮੇਰੇ ਮਾਲਿਕ! ਮੇਰੇ ਗਿਆਨ ਵਿਚ ਵਾਧਾ ਕਰ।

فَتَعٰلَى اللّٰهُ الْمَلِكُ الْحَقُّ ۚ وَلَا تَعْجَلْ بِالْقُرْاٰنِ مِنْ قَبْلِ اَنْ يُّقْضٰٓى اِلَيْكَ وَحْيُهٗ ۖ وَقُلْ رَّبِّ زِدْنِيْ عِلْمًا ﴿١١٤﴾

115. ਇਸ ਤੋਂ ਪਹਿਲਾਂ ਅਸੀਂ ਆਦਮ ਤੋਂ ਇਕ ਵਾਅਦਾ ਲਿਆ ਸੀ (ਕਿ ਸ਼ੈਤਾਨ ਦੀਆਂ ਗੱਲਾਂ ਵਿਚ ਨਹੀਂ ਆਉਣਾ ਸ਼ੈਤਾਨ ਤੇਰਾ ਵੈਰੀ ਹੈ) ਪਰੰਤੂ ਉਹ ਭੁਲ ਗਿਆ ਅਸੀਂ ਉਸ ਵਿਚ ਦ੍ਰਿੜ੍ਹਤਾ ਨਹੀਂ ਵੇਖੀ।

وَلَقَدْ عَهِدْنَآ اِلٰٓى اٰدَمَ مِنْ قَبْلُ فَنَسِيَ وَلَمْ نَجِدْ لَهٗ عَزْمًا ﴿١١٥﴾

116. ਜਦੋਂ ਅਸੀਂ ਫ਼ਰਿਸ਼ਤਿਆਂ ਨੂੰ ਕਿਹਾ ਕਿ ਆਦਮ ਦੇ ਅੱਗੇ ਸਿਜਦਾ ਕਰੋ ਤਾਂ ਛੁੱਟ ਇਬਲੀਸ ਤੋਂ ਉਹਨਾਂ ਸਭ ਨੇ ਸਿਜਦਾ ਕੀਤਾ, ਪਰ ਉਸ (ਇਬਲੀਸ) ਨੇ ਇਨਕਾਰ ਕਰ ਦਿੱਤਾ।

وَاِذْ قُلْنَا لِلْمَلٰٓئِكَةِ اسْجُدُوْا لِاٰدَمَ فَسَجَدُوْٓا اِلَّآ اِبْلِيْسَ ۭ اَبٰى ﴿١١٦﴾

117. ਫੇਰ ਅਸੀਂ ਕਿਹਾ ਕਿ ਹੇ ਆਦਮ! ਇਹ (ਸ਼ੈਤਾਨ) ਤੇਰਾ ਵੀ ਅਤੇ ਤੇਰੀ ਪਤਨੀ ਦਾ ਵੀ ਵੈਰੀ ਹੈ, ਕਿਤੇ ਇਹ ਤੁਹਾਨੂੰ ਦੋਵਾਂ ਨੂੰ ਜੰਨਤ 'ਚੋਂ ਨਾ ਕੱਢਵਾ ਦੇਵੇ ਅਤੇ ਤੁਸੀਂ ਕਿਸੇ ਮੁਸੀਬਤ ਵਿਚ ਫੱਸ ਜਾਓ।

فَقُلْنَا يَا آدَمُ إِنَّ هَٰذَا عَدُوٌّ لَّكَ وَلِزَوْجِكَ فَلَا يُخْرِجَنَّكُمَا مِنَ الْجَنَّةِ فَتَشْقَىٰ ﴿١١٧﴾

118. ਇੱਥੇ (ਜੰਨਤ ਵਿਚ) ਤੁਹਾਨੂੰ ਇਹ ਸੁਵਿਧਾ ਹੈ ਕਿ ਨਾ ਭੁੱਖੇ ਰਹੋਗੇ ਤੇ ਨਾ ਹੀ ਨੰਗੇ।

إِنَّ لَكَ أَلَّا تَجُوعَ فِيهَا وَلَا تَعْرَىٰ ﴿١١٨﴾

119. ਅਤੇ ਨਾ ਹੀ ਇੱਥੇ ਪਿਆਸੇ ਰਹੋਗੇ ਅਤੇ ਨਾ ਹੀ ਧੁੱਪ ਲੱਗੇਗੀ।

وَأَنَّكَ لَا تَظْمَأُ فِيهَا وَلَا تَضْحَىٰ ﴿١١٩﴾

120. ਪਰ ਸ਼ੈਤਾਨ ਨੇ ਉਸ (ਆਦਮ) ਨੂੰ ਫੁਸਲਾਇਆ ਅਤੇ ਕਹਿਣ ਲੱਗਾ ਕਿ ਹੇ ਆਦਮ! ਕੀ ਮੈਂ ਤੁਹਾਨੂੰ ਸਦੀਵੀ ਜੀਵਨ ਤੇ ਨਾ-ਖ਼ਤਮ ਹੋਣ ਵਾਲੀ ਪਾਤਸ਼ਾਹੀ ਦੇਣ ਵਾਲੇ ਦਰਖ਼ਤ ਬਾਰੇ ਨਾ ਦੱਸਾਂ?

فَوَسْوَسَ إِلَيْهِ الشَّيْطَانُ قَالَ يَا آدَمُ هَلْ أَدُلُّكَ عَلَىٰ شَجَرَةِ الْخُلْدِ وَمُلْكٍ لَّا يَبْلَىٰ ﴿١٢٠﴾

121. ਅੰਤ ਉਹਨਾਂ ਦੋਵਾਂ (ਆਦਮ ਤੇ ਹੱਵਾ) ਨੇ ਉਸ ਦਰਖ਼ਤ ਦਾ ਫਲ ਖਾ ਲਿਆ। (ਸਿੱਟੇ ਵਜੋਂ) ਉਹਨਾਂ ਦੋਵਾਂ ਦੀਆਂ ਸ਼ਰਮਗਾਹਾਂ (ਗੁਪਤ ਅੰਗ) ਉਹਨਾਂ 'ਤੇ ਸਪਸ਼ਟ ਹੋ ਗਏ ਅਤੇ ਆਪਣੇ ਆਪ ਨੂੰ ਜੰਨਤ ਦੇ ਪੱਤਿਆਂ ਨਾਲ ਢਕਣ ਲੱਗ ਪਏ। ਆਦਮ ਨੇ ਆਪਣੇ ਰੱਬ ਦੀ ਨਾ-ਫ਼ਰਮਾਨੀ ਕੀਤੀ, ਸੋ ਉਹ ਸਿੱਧੇ ਰਾਹ ਤੋਂ ਭਟਕ ਗਿਆ।

فَأَكَلَا مِنْهَا فَبَدَتْ لَهُمَا سَوْآتُهُمَا وَطَفِقَا يَخْصِفَانِ عَلَيْهِمَا مِن وَرَقِ الْجَنَّةِ ۚ وَعَصَىٰ آدَمُ رَبَّهُ فَغَوَىٰ ﴿١٢١﴾

122. ਫੇਰ ਉਸ ਨੂੰ ਉਸ ਦੇ ਰੱਬ ਨੇ ਨਿਵਾਜਿਆ, ਉਸ ਦੀ ਤੌਬਾ ਕਬੂਲ ਕੀਤੀ ਅਤੇ ਉਸ ਨੂੰ ਹਿਦਾਇਤ ਵਾਲੀ ਰਾਹ ਵਿਖਾਈ।

ثُمَّ اجْتَبَاهُ رَبُّهُ فَتَابَ عَلَيْهِ وَهَدَىٰ ﴿١٢٢﴾

123. ਫ਼ਰਮਾਇਆ ਕਿ ਤੁਸੀਂ ਦੋਵੇਂ (ਆਦਮ ਤੇ ਸ਼ੈਤਾਨ) ਇੱਥੋਂ (ਅਕਾਸ਼ ਤੋਂ ਧਰਤੀ 'ਤੇ) ਇਕੱਠੇ ਉੱਤਰ ਜਾਓ, (ਅੱਜ ਤੋਂ) ਤੁਸੀਂ ਇਕ ਦੂਜੇ ਦੇ ਵੈਰੀ ਹੋ। ਹੁਣ

قَالَ اهْبِطَا مِنْهَا جَمِيعًا ۖ بَعْضُكُمْ لِبَعْضٍ عَدُوٌّ ۖ فَإِمَّا يَأْتِيَنَّكُم مِّنِّي هُدًى فَمَنِ اتَّبَعَ هُدَايَ فَلَا يَضِلُّ وَلَا يَشْقَىٰ ﴿١٢٣﴾

ਜਦੋਂ ਮੇਰੇ ਵੱਲੋਂ ਤੁਹਾਨੂੰ (ਕਿਤਾਬ ਤੇ ਨਬੀਆਂ ਦੁਆਰਾ) ਕੋਈ ਹਿਦਾਇਤ ਪਹੁੰਚੇ ਤਾਂ ਜਿਹੜਾ ਮੇਰੀ ਹਿਦਾਇਤ ਦੀ ਪੈਰਵੀ ਕਰੇਗਾ ਉਹ (ਸਿੱਧੀ ਰਾਹ ਤੋਂ) ਨਹੀਂ ਭਟਕੇਗਾ, ਨਾ ਹੀ ਉਸ ਨੂੰ ਕੋਈ ਕਠਨਾਈ ਹੋਵੇਗੀ।

124 ਅਤੇ ਜੋ ਵੀ ਮੇਰੀ ਯਾਦ ਤੋਂ ਮੂੰਹ ਮੋੜੇਗਾ ਉਸ ਦਾ ਜੀਵਨ ਔਖਿਆਈ ਵਾਲਾ ਹੋਵੇਗਾ, ਕਿਆਮਤ ਦਿਹਾੜੇ ਅਸੀਂ ਉਸ ਨੂੰ ਅੰਨ੍ਹਾ ਕਰਕੇ ਉਠਾਵਾਂਗੇ।

وَمَنْ أَعْرَضَ عَنْ ذِكْرِي فَإِنَّ لَهُ مَعِيشَةً ضَنْكًا وَنَحْشُرُهُ يَوْمَ الْقِيَامَةِ أَعْمَىٰ ﴿124﴾

125. ਉਹ ਆਖੇਗਾ ਕਿ ਹੇ ਰੱਬਾ! ਤੈਨੇ ਮੈਨੂੰ ਅੰਨ੍ਹਾ ਕਿਉਂ ਬਣਾਇਆ ਹੈ ਜਦੋਂ ਕਿ ਮੈਂ ਤਾਂ (ਸੰਸਾਰ ਵਿਚ) ਸੁਜਾਖਾ ਸੀ।

قَالَ رَبِّ لِمَ حَشَرْتَنِي أَعْمَىٰ وَقَدْ كُنْتُ بَصِيرًا ﴿125﴾

126 (ਰੱਬ) ਆਖੇਗਾ ਕਿ ਇੰਜ ਹੀ ਹੋਣਾ ਸੀ (ਸੰਸਾਰ ਵਿਚ) ਤੂੰ ਮੇਰੀਆਂ ਆਇਤਾਂ (ਹੁਕਮਾਂ) ਨੂੰ ਭੁਲ ਗਿਆ ਸੀ ਤਾਂ ਅੱਜ (ਕਿਆਮਤ ਦਿਹਾੜੇ) ਤੈਨੂੰ ਭੁਲਾ ਦਿੱਤਾ ਗਿਆ ਹੈ।

قَالَ كَذَٰلِكَ أَتَتْكَ آيَاتُنَا فَنَسِيتَهَا ۖ وَكَذَٰلِكَ الْيَوْمَ تُنْسَىٰ ﴿126﴾

127 ਹਰ ਉਸ ਵਿਅਕਤੀ ਨੂੰ ਜਿਹੜਾ ਹੱਦਾਂ ਟੱਪਣ ਵਾਲਾ ਹੈ ਅਤੇ ਨਾ ਹੀ ਉਹ ਰੱਬ ਦੀਆਂ ਆਇਤਾਂ ਤੇ ਇਮਾਨ ਰੱਖਦਾ ਹੈ, ਅਸੀਂ ਉਸ ਨੂੰ ਇੰਜ ਹੀ ਸਜ਼ਾ ਦਿਆਂਗੇ ਅਤੇ ਨਿਰਸੰਦੇਹ, ਪਰਲੋਕ ਦਾ ਅਜ਼ਾਬ (ਸਜ਼ਾ) ਬਹੁਤ ਹੀ ਕਰੜਾ ਅਤੇ ਸਦੀਵੀ ਹੈ।

وَكَذَٰلِكَ نَجْزِي مَنْ أَسْرَفَ وَلَمْ يُؤْمِنْ بِآيَاتِ رَبِّهِ ۚ وَلَعَذَابُ الْآخِرَةِ أَشَدُّ وَأَبْقَىٰ ﴿127﴾

128. ਕੀ ਉਹਨਾਂ ਲੋਕਾਂ ਨੇ ਇਸ ਗੱਲ ਤੋਂ ਵੀ ਕੋਈ ਸਿੱਖਿਆ ਨਹੀਂ ਲਈ ਕਿ ਅਸੀਂ ਉਹਨਾਂ ਤੋਂ ਪਹਿਲਾਂ ਕਿੰਨੀਆਂ ਹੀ ਬਸਤੀਆਂ ਤਬਾਹ ਕਰ ਚੁੱਕੇ ਹਾਂ ਜਿੱਥੇ ਅੱਜ ਇਹ ਤੁਰਦੇ-ਫਿਰਦੇ ਹਨ। ਸੂਝਵਾਨ ਵਿਅਕਤੀਆਂ ਲਈ ਇਹਨਾਂ ਵਿਚ ਅਨੇਕਾਂ ਨਿਸ਼ਾਨੀਆਂ ਹਨ।

أَفَلَمْ يَهْدِ لَهُمْ كَمْ أَهْلَكْنَا قَبْلَهُمْ مِنَ الْقُرُونِ يَمْشُونَ فِي مَسَاكِنِهِمْ ۗ إِنَّ فِي ذَٰلِكَ لَآيَاتٍ لِأُولِي النُّهَىٰ ﴿128﴾

129. ਜੇ ਤੇਰੇ ਰੱਬ ਵੱਲੋਂ ਪਹਿਲਾਂ ਹੀ (ਅਜ਼ਾਬ ਨਾ ਭੇਜਣ ਦੀ) ਗੱਲ ਨਿਸ਼ਚਿਤ ਨਾ ਕੀਤੀ ਹੁੰਦੀ ਅਤੇ

وَلَوْلَا كَلِمَةٌ سَبَقَتْ مِنْ رَبِّكَ لَكَانَ لِزَامًا وَأَجَلٌ مُسَمًّى ﴿129﴾

(ਕਿਆਮਤ ਲਈ) ਇਕ ਸਮਾਂ ਨਿਯਤ ਨਾ ਕੀਤਾ ਹੁੰਦਾ ਤਾਂ (ਹੇ ਨਬੀ ਸ:!) ਉਹਨਾਂ ਨੂੰ ਉਸੇ ਸਮੇਂ (ਜਦੋਂ ਤੁਹਾਡਾ ਇਨਕਾਰ ਕਰ ਰਹੇ ਸੀ) ਅਜ਼ਾਬ ਆ ਚਿਮੜਦਾ।

130. ਸੋ (ਹੇ ਨਬੀ ਸ:!) ਤੁਸੀਂ ਉਹਨਾਂ (ਕਾਫ਼ਿਰਾਂ) ਦੀਆਂ ਗੱਲਾਂ 'ਤੇ ਸਬਰ ਕਰੋ, ਸੂਰਜ ਨਿਕਲਣ ਤੋਂ ਪਹਿਲਾਂ ਅਤੇ ਇਸ ਦੇ ਡੁੱਬਣ ਤੋਂ ਪਹਿਲਾਂ ਅਤੇ ਰਾਤ ਦੀਆਂ ਘੜੀਆਂ ਵਿਚ ਵੀ ਅਤੇ ਦਿਨ ਦੀਆਂ ਹੱਦਾਂ (ਖ਼ਤਮ ਤੇ ਸ਼ੁਰੂ ਹੋਣ) 'ਤੇ ਵੀ ਤੁਸੀਂ ਆਪਣੇ ਰੱਬ ਦੀ ਤਸਬੀਹ ਕਰਦੇ ਰਹੋ, ਹੋ ਸਕਦਾ ਹੈ ਕਿ (ਜੋ ਇਸ ਦੇ ਬਦਲੇ ਵਿਚ ਰੱਬ ਤੁਹਾਨੂੰ ਸਫ਼ਲਤਾ ਬਖ਼ਸ਼ੇ ਅਤੇ ਤੁਸੀਂ ਰਾਜ਼ੀ (ਸੰਤੁਸ਼ਟ) ਹੋ ਜਾਓ।

فَاصْبِرْ عَلَىٰ مَا يَقُولُونَ وَسَبِّحْ بِحَمْدِ رَبِّكَ قَبْلَ طُلُوعِ الشَّمْسِ وَقَبْلَ غُرُوبِهَا ۖ وَمِنْ آنَاءِ اللَّيْلِ فَسَبِّحْ وَأَطْرَافَ النَّهَارِ لَعَلَّكَ تَرْضَىٰ ﴿١٣٠﴾

131. (ਹੇ ਨਬੀ ਸ:!) ਤੁਸੀਂ ਅੱਖ ਚੁੱਕ ਕੇ ਵੀ ਉਹਨਾਂ ਚੀਜ਼ਾਂ ਵੱਲ ਨਾ ਵੇਖਣਾ ਜਿਹੜੀਆਂ ਅਸੀਂ ਉਹਨਾਂ ਵਿੱਚੋਂ ਵੱਖੋ-ਵੱਖ ਲੋਕਾਂ ਨੂੰ ਸੰਸਾਰਿਕ ਜੀਵਨ ਦੀ ਠਾਠ ਬਾਠ ਲਈ ਦਿੱਤੀਆਂ ਹੋਈਆਂ ਹਨ, ਤਾਂ ਜੋ ਅਸੀਂ ਉਹਨਾਂ ਨੂੰ ਇਹਨਾਂ ਚੀਜ਼ਾਂ ਰਾਹੀਂ ਪਰਖੀਏ। ਤੇਰੇ ਪਾਲਣਹਾਰ ਦਾ ਦਿੱਤਾ ਹੋਇਆ ਰਿਜ਼ਕ ਹੀ ਸੱਭ ਤੋਂ ਵਧੀਆ ਅਤੇ ਸਦਾ ਰਹਿਣ ਵਾਲਾ ਹੈ।

وَلَا تَمُدَّنَّ عَيْنَيْكَ إِلَىٰ مَا مَتَّعْنَا بِهِ أَزْوَاجًا مِّنْهُمْ زَهْرَةَ الْحَيَاةِ الدُّنْيَا لِنَفْتِنَهُمْ فِيهِ ۚ وَرِزْقُ رَبِّكَ خَيْرٌ وَأَبْقَىٰ ﴿١٣١﴾

132. (ਹੇ ਨਬੀ ਸ:!) ਆਪਣੇ ਘਰ ਵਾਲਿਆਂ ਨੂੰ ਨਮਾਜ਼ ਲਈ ਪ੍ਰੇਰਿਤ ਕਰੋ ਅਤੇ ਆਪ ਵੀ ਉਸ ਦੇ ਪਾਬੰਦ ਰਹੋ। ਅਸੀਂ (ਅੱਲਾਹ) ਤੁਹਾਥੋਂ ਕੋਈ ਰੋਜ਼ੀ ਨਹੀਂ ਮੰਗਦੇ ਸਗੋਂ ਅਸੀਂ ਤਾਂ ਆਪ ਹੀ ਤੁਹਾਨੂੰ ਰੋਜ਼ੀ ਦੇਣ ਵਾਲੇ ਹਾਂ, ਅੰਤ ਵਿਚ ਸਫ਼ਲਤਾ ਪਰਹੇਜ਼ਗਾਰਾਂ ਨੂੰ ਹੀ ਮਿਲੇਗੀ।

وَأْمُرْ أَهْلَكَ بِالصَّلَاةِ وَاصْطَبِرْ عَلَيْهَا ۖ لَا نَسْأَلُكَ رِزْقًا ۖ نَّحْنُ نَرْزُقُكَ ۗ وَالْعَاقِبَةُ لِلتَّقْوَىٰ ﴿١٣٢﴾

133. ਅਤੇ (ਕਾਫ਼ਿਰ) ਕਹਿਣ ਲੱਗੇ ਕਿ ਇਹ ਨਬੀ (ਮੁਹੰਮਦ ਸ:) ਸਾਡੇ ਕੋਲ ਆਪਣੇ ਪਾਲਣਹਾਰ ਵੱਲੋਂ ਕੋਈ (ਨਬੀ ਹੋਣ ਦੀ) ਨਿਸ਼ਾਨੀ ਕਿਉਂ ਨਹੀਂ ਲਿਆਇਆ? ਕੀ ਉਹਨਾਂ (ਕਾਫ਼ਿਰਾਂ) ਕੋਲ ਪਹਿਲੀਆਂ ਕਿਤਾਬਾਂ (ਤੌਰੈਤ, ਜ਼ਬੂਰ, ਇੰਜੀਲ) ਵਿਚ ਸਪਸ਼ਟ ਦਲੀਲਾਂ ਨਹੀਂ ਆ ਚੁੱਕੀਆਂ।

وَقَالُوا لَوْلَا يَأْتِينَا بِآيَةٍ مِّن رَّبِّهِ ۚ أَوَلَمْ تَأْتِهِم بَيِّنَةُ مَا فِي الصُّحُفِ الْأُولَىٰ (133)

134. ਜੇ ਅਸੀਂ ਇਸ (ਨਬੀ) ਤੋਂ ਪਹਿਲਾਂ ਹੀ ਉਹਨਾਂ (ਕਾਫ਼ਿਰਾਂ) ਨੂੰ ਕਿਸੇ ਅਜ਼ਾਬ ਵਿਚ ਹਲਾਕ ਕਰ ਦਿੰਦੇ ਤਾਂ ਇਹ ਲੋਕ ਲਾਜ਼ਮਨ ਇਹੋ ਕਹਿੰਦੇ ਕਿ ਹੇ ਸਾਡੇ ਮਾਲਿਕ! ਤੂੰ ਸਾਡੇ ਕੋਲ ਆਪਣਾ ਪੈਗ਼ੰਬਰ ਕਿਉਂ ਨਹੀਂ ਭੇਜਿਆ ਤਾਂ ਜੋ ਅਸੀਂ ਤੇਰੀਆਂ ਆਇਤਾਂ (ਹੁਕਮਾਂ) ਦੀ ਪਾਲਣਾ ਕਰਦੇ ਇਸ ਤੋਂ ਪਹਿਲਾਂ ਕਿ ਅਸੀਂ (ਇਨਕਾਰੀ) ਜ਼ਲੀਲ ਤੇ ਰੁਸਵਾ ਹੁੰਦੇ।

وَلَوْ أَنَّا أَهْلَكْنَاهُم بِعَذَابٍ مِّن قَبْلِهِ لَقَالُوا رَبَّنَا لَوْلَا أَرْسَلْتَ إِلَيْنَا رَسُولًا فَنَتَّبِعَ آيَاتِكَ مِن قَبْلِ أَن نَّذِلَّ وَنَخْزَىٰ (134)

135 (ਹੇ ਨਬੀ ਸ:!) ਤੁਸੀਂ ਆਖ ਦਿਓ ਕਿ ਹਰੇਕ ਵਿਅਕਤੀ ਉਡੀਕ ਵਿਚ ਹੈ (ਕਿ ਕੌਣ ਕਾਬੂ ਰਹੇਗਾ) ਸੋ ਤੁਸੀਂ ਵੀ ਉਡੀਕੋ ਛੇਤੀ ਹੀ ਤੁਹਾਨੂੰ ਪਤਾ ਲੱਗ ਜਾਵੇਗਾ ਕਿ ਸਿੱਧੇ ਰਾਹ 'ਤੇ ਤੁਰਨ ਵਾਲੇ ਕੌਣ ਹਨ ਅਤੇ ਕਿਹੜੇ ਹਿਦਾਇਤ ਪ੍ਰਾਪਤ ਕਰ ਚੁੱਕੇ ਹਨ?

قُلْ كُلٌّ مُّتَرَبِّصٌ فَتَرَبَّصُوا ۖ فَسَتَعْلَمُونَ مَنْ أَصْحَابُ الصِّرَاطِ السَّوِيِّ وَمَنِ اهْتَدَىٰ (135)

سُوْرَةُ الْأَنْبِيَاءِ

21. ਸੂਰਤ ਅਲ-ਅੰਬੀਆ (ਮੱਕੀ-73)

(ਆਇਤਾਂ 112, ਰੁਕੂਅ 7)

بِسْمِ اللّٰهِ الرَّحْمٰنِ الرَّحِيْمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹੀਮ ਫ਼ਰਮਾਉਣ ਵਾਲਾ ਹੈ।

اِقْتَرَبَ لِلنَّاسِ حِسَابُهُمْ وَهُمْ
فِيْ غَفْلَةٍ مُّعْرِضُوْنَ ١

1. ਲੋਕਾਂ ਤੋਂ (ਉਹਨਾਂ ਦੇ ਕਰਮਾਂ ਦੇ) ਹਿਸਾਬ ਲੈਣਾ ਦਾ ਵੇਲਾ (ਭਾਵ ਕਿਆਮਤ ਦਾ) ਨੇੜੇ ਆ ਗਿਆ ਹੈ ਫੇਰ ਵੀ ਉਹ ਬੇਪਰਵਾਹੀ ਨਾਲ ਇਸ ਤੋਂ ਮੂੰਹ ਮੋੜੇ ਫਿਰਦੇ ਹਨ।

مَا يَأْتِيْهِمْ مِّنْ ذِكْرٍ مِّنْ رَّبِّهِمْ مُّحْدَثٍ اِلَّا
اسْتَمَعُوْهُ وَهُمْ يَلْعَبُوْنَ ٢

2. ਜਦੋਂ ਉਹਨਾਂ ਕੋਲ ਉਹਨਾਂ ਦੇ ਰੱਬ ਵੱਲੋਂ ਕੋਈ ਵੀ ਨਵੀਂ ਨਸੀਹਤ ਆਉਂਦੀ ਹੈ ਉਹ ਉਸ ਨੂੰ ਖੇਡਦੇ ਹੋਏ (ਮਖੌਲ ਵਿਚ ਹੀ) ਸੁਣਦੇ ਹਨ।

لَاهِيَةً قُلُوْبُهُمْ ۭ وَاَسَرُّوا النَّجْوَى ۖ الَّذِيْنَ ظَلَمُوْا ۖ
هَلْ هٰذَآ اِلَّا بَشَرٌ مِّثْلُكُمْ ۚ اَفَتَأْتُوْنَ السِّحْرَ
وَاَنْتُمْ تُبْصِرُوْنَ ٣

3. ਉਹਨਾਂ ਦੇ ਦਿਲ ਉੱਕਾ ਹੀ ਬੇਪਰਵਾਹ ਹਨ। ਉਹਨਾਂ ਜ਼ਾਲਮਾਂ ਨੇ ਹੌਲੀ ਹੌਲੀ ਆਪੋ ਵਿਚਾਲੇ ਕਾਨਾਫ਼ੂਸੀਆਂ ਕਰਦੇ ਹੋਏ (ਈਮਾਨ ਵਾਲਿਆਂ ਨੂੰ) ਕਿਹਾ ਕਿ ਇਹ (ਮੁਹੰਮਦ ਸ:) ਤੁਹਾਡੇ ਵਰਗਾ ਹੀ ਇਕ ਮਨੁੱਖ ਹੈ, ਫੇਰ ਕੀ ਤੁਸੀਂ ਅੱਖੀਂ ਵੇਖਦੇ ਹੋਏ ਜਾਦੂ ਵਿਚ ਫਸਦੇ ਹੋ?

قٰلَ رَبِّيْ يَعْلَمُ الْقَوْلَ فِي السَّمَآءِ وَالْاَرْضِ ۡ
وَهُوَ السَّمِيْعُ الْعَلِيْمُ ٤

4. (ਰਸੂਲ ਨੇ ਕਿਹਾ) ਕਿ ਮੇਰਾ ਰੱਬ ਅਕਾਸ਼ ਤੇ ਧਰਤੀ ਵਿਚ ਛਾਪਰਨ ਵਾਲੀਆਂ ਸਾਰੀਆਂ ਗੱਲਾਂ ਨੂੰ ਜਾਣਦਾ ਹੈ। ਉਹ ਸਭ ਸੁਣਦਾ ਤੇ ਜਾਣਦਾ ਹੈ।

بَلْ قَالُوْٓا اَضْغَاثُ اَحْلَامٍۢ بَلِ افْتَرٰىهُ بَلْ هُوَ
شَاعِرٌ ۚ فَلْيَأْتِنَا بِاٰيَةٍ كَمَآ اُرْسِلَ الْاَوَّلُوْنَ ٥

5 ਸਗੋਂ ਇਹ (ਕਾਫ਼ਿਰ) ਤਾਂ ਇਹ ਵੀ ਆਖਦੇ ਹਨ ਕਿ ਇਹ (ਕੁਰਆਨ) ਤਾਂ ਖਿੰਡੇ-ਪੁੰਡੇ ਸੁਪਨੇ ਹਨ। ਸਗੋਂ ਇਸ (ਮੁਹੰਮਦ) ਨੇ ਆਪਣੇ ਮਨ ਤੋਂ ਝੂਠ ਘੜ੍ਹ ਲਿਆ ਹੈ। ਇਹ ਤਾਂ ਇਕ ਕਵੀ ਹੈ ਨਹੀਂ ਤਾਂ ਇਸ

ਨੂੰ ਸਾਡੇ ਕੋਲ (ਨਬੀ ਹੋਣ ਦੀ) ਕੋਈ ਅਜਿਹੀ ਨਿਸ਼ਾਨੀ ਲਿਆਉਣੀ ਚਾਹੀਦੀ ਸੀ ਜਿਵੇਂ ਕਿ ਪਹਿਲਾਂ ਰਸੂਲ (ਸਣੇ ਨਿਸ਼ਾਨੀਆਂ) ਭੇਜੇ ਗਏ ਸਨ।

6. ਇਹਨਾਂ ਤੋਂ ਪਹਿਲਾਂ ਜਿੰਨੀਆਂ ਵੀ ਬਸਤੀਆਂ ਅਸੀਂ ਉਜਾੜੀਆਂ ਉਹ ਈਮਾਨ ਤੋਂ ਖ਼ਾਲੀ ਸਨ, ਕੀ ਹੁਣ ਇਹ (ਮੱਕੇ ਵਾਲੇ) ਵੀ ਈਮਾਨ ਲਿਆਉਣਗੇ?

مَآ اٰمَنَتْ قَبْلَهُمْ مِّنْ قَرْيَةٍ اَهْلَكْنٰهَا ۚ اَفَهُمْ يُؤْمِنُوْنَ ﴿٦﴾

7 (ਹੇ ਮੁਹੰਮਦ!) ਤੁਹਾਥੋਂ ਪਹਿਲਾਂ ਅਸੀਂ ਜਿੰਨੇ ਵੀ ਪੈਗ਼ੰਬਰ ਭੇਜੇ ਉਹ ਸਾਰੇ ਹੀ ਮਨੁੱਖ ਸਨ, ਉਹਨਾਂ ਵੱਲ ਅਸੀਂ ਵਹੀ (ਰੱਬੀ ਸੁਨੇਹਾ) ਭੇਜਿਆ ਕਰਦੇ ਸੀ, ਜੇਕਰ ਤੁਸੀਂ ਨਹੀਂ ਜਾਣਦੇ ਤਾਂ ਕਿਤਾਬ ਵਾਲਿਆਂ (ਈਸਾਈ ਅਤੇ ਯਹੂਦੀਆਂ ਤੋਂ) ਪੁੱਛ ਲਓ।

وَمَآ اَرْسَلْنَا قَبْلَكَ اِلَّا رِجَالًا نُّوْحِيْٓ اِلَيْهِمْ فَسْـَٔلُوْٓا اَهْلَ الذِّكْرِ اِنْ كُنْتُمْ لَا تَعْلَمُوْنَ ﴿٧﴾

8. ਅਸੀਂ ਉਹਨਾਂ (ਪੈਗ਼ੰਬਰਾਂ ਦੇ) ਅਜਿਹੇ ਸਰੀਰ ਨਹੀਂ ਬਣਾਏ ਸੀ ਕਿ ਉਹ ਖਾਂਦੇ ਨਾ ਹੋਣ ਅਤੇ ਨਾ ਹੀ ਉਹ ਸਦਾ ਜੀਵਿਤ ਰਹਿਣ ਵਾਲੇ ਸਨ।

وَمَا جَعَلْنٰهُمْ جَسَدًا لَّا يَاْكُلُوْنَ الطَّعَامَ وَمَا كَانُوْا خٰلِدِيْنَ ﴿٨﴾

9. ਅਸੀਂ ਉਹਨਾਂ (ਪੈਗ਼ੰਬਰਾਂ) ਨਾਲ ਜਿਹੜੇ ਵੀ ਵਾਅਦੇ ਕੀਤੇ ਸਨ ਉਨ੍ਹਾਂ ਸਾਰਿਆਂ ਨੂੰ ਸੱਚ ਕਰ ਵਿਖਾਇਆ, ਅਸੀਂ ਉਹਨਾਂ (ਪੈਗ਼ੰਬਰਾਂ) ਨੂੰ ਅਤੇ ਹੋਰ ਜਿਨ੍ਹਾਂ ਨੂੰ ਅਸੀਂ ਚਾਹਿਆ (ਅਜ਼ਾਬ ਤੋਂ) ਬਚਾ ਲਿਆ, ਪਰੰਤੂ ਹੱਦਾਂ ਟੱਪਣ ਵਾਲਿਆਂ ਨੂੰ ਨਸ਼ਟ ਕਰ ਸੁੱਟਿਆ।

ثُمَّ صَدَقْنٰهُمُ الْوَعْدَ فَاَنْجَيْنٰهُمْ وَمَنْ نَّشَآءُ وَاَهْلَكْنَا الْمُسْرِفِيْنَ ﴿٩﴾

10 (ਹੇ ਲੋਕੋ!) ਬੇਸ਼ੱਕ ਅਸੀਂ ਤੁਹਾਡੇ ਵੱਲ ਉਹ ਕਿਤਾਬ ਨਾਜ਼ਿਲ ਕੀਤੀ ਹੈ ਜਿਸ ਵਿਚ ਤੁਹਾਡੀ ਹੀ ਚਰਚਾ ਹੈ, ਕੀ ਤੁਸੀਂ ਫੇਰ ਵੀ ਨਹੀਂ ਸਮਝਦੇ?

لَقَدْ اَنْزَلْنَآ اِلَيْكُمْ كِتٰبًا فِيْهِ ذِكْرُكُمْ ۗ اَفَلَا تَعْقِلُوْنَ ﴿١٠﴾

11 ਅਤੇ ਕਿੰਨੀਆਂ ਹੀ ਬਸਤੀਆਂ ਅਸੀਂ ਨਸ਼ਟ ਕਰ ਸੁੱਟੀਆਂ ਜਿਹੜੀਆਂ ਜ਼ੁਲਮ ਕਰਦੀਆਂ ਸਨ ਅਤੇ ਉਹਨਾਂ ਦੇ ਪਿੱਛੋਂ ਕਿਸੇ ਦੂਜੀ ਕੌਮ ਨੂੰ ਉਠਾਇਆ (ਭਾਵ ਪੈਦਾ ਕਰ ਦਿੱਤਾ)।

وَكَمْ قَصَمْنَا مِنْ قَرْيَةٍ كَانَتْ ظَالِمَةً وَّاَنْشَاْنَا بَعْدَهَا قَوْمًا اٰخَرِيْنَ ﴿١١﴾

12. ਜਦੋਂ ਉਹਨਾਂ (ਕੌਮਾਂ) ਨੇ ਸਾਡੇ ਅਜ਼ਾਬ ਦੇ ਆਉਣ ਨੂੰ ਮਹਿਸੂਸ ਕੀਤਾ ਤਾਂ ਉਸ ਥਾਂ ਤੋਂ ਨੱਸਣ ਲੱਗੇ।

فَلَمَّا أَحَسُّوا بَأْسَنَا إِذَا هُم مِّنْهَا يَرْكُضُونَ ١٢

13. (ਉਹਨਾਂ ਨੱਸਣ ਵਾਲਿਆਂ ਨੂੰ ਕਿਹਾ ਗਿਆ ਕਿ) ਹੁਣ ਨੱਸੋ ਨਾ, ਜਾਓ ਆਪਣੇ ਉਹਨਾਂ ਹੀ ਘਰਾਂ ਵਿਚ ਜਿੱਥੇ ਤੁਹਾਨੂੰ ਹਰ ਤਰ੍ਹਾਂ ਦੀਆਂ ਸੁਵਿਧਾਵਾਂ ਪ੍ਰਾਪਤ ਸਨ ਤਾਂ ਜੋ ਤੁਹਾਥੋਂ (ਤੁਹਾਡਾ ਹਾਲ ਚਾਲ ਤਾਂ) ਪੁੱਛ ਲਿਆ ਜਾਵੇ।

لَا تَرْكُضُوا وَارْجِعُوا إِلَىٰ مَا أُتْرِفْتُمْ فِيهِ وَمَسَاكِنِكُمْ لَعَلَّكُمْ تُسْأَلُونَ ١٣

14 (ਕਾਫ਼ਿਰ) ਆਖਣ ਲੱਗੇ ਕਿ ਅਸੀਂ ਤਾਂ ਬਰਬਾਦ ਹੋ ਗਏ, ਬੇਸ਼ੱਕ ਅਸੀਂ ਹੀ ਜ਼ਾਲਮ ਸਾਂ।

قَالُوا يَا وَيْلَنَا إِنَّا كُنَّا ظَالِمِينَ ١٤

15 ਇਹ ਇਹੋ ਆਖਦੇ ਰਹੇ ਇੱਥੋਂ ਤੀਕ ਕਿ ਅਸੀਂ ਉਹਨਾਂ ਨੂੰ ਜੜ੍ਹ ਤੋਂ ਵੱਢੀ ਹੋਈ ਫ਼ਸਲ ਵਾਂਗ ਅਤੇ ਬੁਝੀ ਹੋਈ ਅੱਗ (ਸੁਆਹ) ਬਣਾ ਦਿੱਤਾ।

فَمَا زَالَت تِّلْكَ دَعْوَاهُمْ حَتَّىٰ جَعَلْنَاهُمْ حَصِيدًا خَامِدِينَ ١٥

16 ਅਸੀਂ ਅਕਾਸ਼ ਅਤੇ ਧਰਤੀ ਅਤੇ ਉਹਨਾਂ ਵਿਚਕਾਰ ਦੀਆਂ ਚੀਜ਼ਾਂ ਨੂੰ ਖੇਡਦੇ ਹੋਏ ਭਾਵ ਬਿਨਾਂ ਸੋਚੇ ਸਮਝੇ ਵਿਅਰਥ ਨਹੀਂ ਬਣਾਇਆ।[1]

وَمَا خَلَقْنَا السَّمَاءَ وَالْأَرْضَ وَمَا بَيْنَهُمَا لَاعِبِينَ ١٦

17 ਜੇ ਅਸੀਂ ਖੇਡਣਾ ਹੀ ਚਾਹੁੰਦੇ ਤੇ ਕੇਵਲ ਇਹੋ ਕੁੱਝ ਅਸੀਂ ਕਰਨਾ ਹੁੰਦਾ ਤਾਂ ਇਸ ਨੂੰ ਆਪਣੇ ਕੋਲ ਹੀ ਰੱਖਦੇ।

لَوْ أَرَدْنَا أَن نَّتَّخِذَ لَهْوًا لَّاتَّخَذْنَاهُ مِن لَّدُنَّا إِن كُنَّا فَاعِلِينَ ١٧

18 ਸਗੋਂ ਅਸੀਂ ਤਾਂ ਝੂਠ ਉੱਤੇ ਹੱਕ ਦੀ ਸੱਟ ਮਾਰਦੇ ਹਾਂ ਅਤੇ (ਉਹ ਸੱਚ ਉਸ ਝੂਠ ਦਾ) ਸਿਰ ਕੁਚਲ ਦਿੰਦਾ ਹੈ ਅਤੇ ਫੇਰ ਉਹ (ਝੂਠ) ਉਸ ਸਮੇਂ ਨਿੱਖਟ ਹੋ ਜਾਂਦਾ ਹੈ। (ਹੇ ਜ਼ਾਲਮੋ!) ਜਿਹੜੀਆਂ

بَلْ نَقْذِفُ بِالْحَقِّ عَلَى الْبَاطِلِ فَيَدْمَغُهُ فَإِذَا هُوَ زَاهِقٌ ۚ وَلَكُمُ الْوَيْلُ مِمَّا تَصِفُونَ ١٨

[1] ਕਿ ਅਕਾਸ਼ ਤੇ ਧਰਤੀ ਦੀ ਰਚਨਾ ਮਨੁੱਖਾਂ ਲਈ ਕੁਦਰਤ ਦੀਆਂ ਨਿਸ਼ਾਨੀਆਂ ਹਨ ਕਿ ਇਸ ਤੋਂ ਉਹ ਸਿੱਖਿਆ ਗ੍ਰਹਿਣ ਕਰਨ ਅਤੇ ਇਹ ਜਾਣ ਲੈਣ ਕਿ ਸ੍ਰਿਸ਼ਟੀ ਦਾ ਰਚਣਹਾਰ ਕੇਵਲ ਇੱਕ ਅੱਲਾਹ ਹੀ ਹੈ ਅਤੇ ਉਸ ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ।

ਗੱਲਾਂ ਤੁਸੀਂ ਬਣਾਉਂਦੇ ਹੋ ਉਹੀਓ ਤੁਹਾਡੀ ਬਰਬਾਦੀ ਦਾ ਕਾਰਨ ਬਣੀਆਂ ਹਨ।

19 ਅਕਾਸ਼ਾਂ ਅਤੇ ਧਰਤੀ ਵਿਚ ਜੋ ਵੀ ਹੈ, ਸਭ ਉਸੇ (ਅੱਲਾਹ) ਦਾ ਹੀ ਹੈ ਅਤੇ ਜਿਹੜੇ (ਫ਼ਰਿਸ਼ਤੇ) ਉਸ ਦੇ ਕੋਲ ਹਨ ਉਹ ਉਸ ਦੀ ਇਬਾਦਤ ਕਰਨ ਤੋਂ ਨਾ ਤਾਂ ਸਰਕਸ਼ੀ ਕਰਦੇ ਹਨ ਅਤੇ ਨਾ ਹੀ ਉਹ ਥੱਕਦੇ ਹਨ।

وَلَهُ مَنْ فِي السَّمٰوٰتِ وَالْاَرْضِ ؕ وَمَنْ
عِنْدَهٗ لَا يَسْتَكْبِرُوْنَ عَنْ عِبَادَتِهٖ
وَلَا يَسْتَحْسِرُوْنَ ﴿19﴾

20 ਉਹ (ਫ਼ਰਿਸ਼ਤੇ) ਬਿਨਾਂ ਕਿਸੇ ਵਿਘਨ ਤੋਂ ਦਿਨ-ਰਾਤ (ਭਾਵ ਹਰ ਵੇਲੇ) ਉਸ (ਅੱਲਾਹ) ਦੀ ਤਸਬੀਹ ਕਰਦੇ ਹਨ।

يُسَبِّحُوْنَ الَّيْلَ وَالنَّهَارَ لَا يَفْتُرُوْنَ ﴿20﴾

21 ਕੀ ਉਹਨਾਂ (ਮੁਸ਼ਰਿਕਾਂ) ਦੇ ਧਰਤੀ ਵਾਲੇ ਇਸ਼ਟ ਕਿਸੇ (ਮੁਰਦਾ ਵਿਅਕਤੀ) ਨੂੰ ਜਿਊਂਦਾ ਕਰ ਸਕਦੇ ਹਨ।

اَمِ اتَّخَذُوْۤا اٰلِهَةً مِّنَ الْاَرْضِ هُمْ يُنْشِرُوْنَ ﴿21﴾

22 ਜੇ ਇਸ (ਸੰਸਾਰ) ਵਿਚ ਅੱਲਾਹ ਤੋਂ ਛੁੱਟ ਹੋਰ ਵੀ ਇਸ਼ਟ ਹੁੰਦੇ ਤਾਂ ਇਹ ਦੋਵਾਂ (ਅਕਾਸ਼ ਤੇ ਧਰਤੀ) ਦੀ ਵਿਵਸਥਾ ਵਿਗੜ ਜਾਂਦੀ। ਸੋ ਅੱਲਾਹ, ਅਰਸ਼ਾਂ ਦਾ ਮਾਲਿਕ, ਉਹਨਾਂ ਗੱਲਾਂ ਤੋਂ ਪਾਕ ਹੈ ਜਿਹੜੀਆਂ ਇਹ (ਮੁਸ਼ਰਿਕ) ਕਰਦੇ ਹਨ।

لَوْ كَانَ فِيْهِمَاۤ اٰلِهَةٌ اِلَّا اللّٰهُ لَفَسَدَتَا ۚ فَسُبْحٰنَ
اللّٰهِ رَبِّ الْعَرْشِ عَمَّا يَصِفُوْنَ ﴿22﴾

23 ਉਹ (ਅੱਲਾਹ) ਆਪਣੇ ਕੰਮਾਂ ਲਈ ਕਿਸੇ ਨੂੰ ਉੱਤਰਦਾਈ ਨਹੀਂ, ਜਦ ਕਿ ਸਾਰੇ ਹੀ (ਅੱਲਾਹ ਦੇ ਸਾਹਮਣੇ) ਉੱਤਰਦਾਈ ਹਨ।

لَا يُسْـَٔلُ عَمَّا يَفْعَلُ وَهُمْ يُسْـَٔلُوْنَ ﴿23﴾

24 ਕੀ ਉਹਨਾਂ ਲੋਕਾਂ ਨੇ (ਰੱਬ ਨੂੰ ਛੱਡ ਕੇ) ਹੋਰ ਇਸ਼ਟ ਬਣਾ ਰੱਖੇ ਹਨ? (ਹੇ ਨਬੀ!) ਉਹਨਾਂ (ਮੁਸ਼ਰਿਕਾਂ) ਨੂੰ ਆਖੋ ਕਿ ਕੋਈ ਦਲੀਲ ਤਾਂ ਲਿਆਓ ਜਦੋਂ ਕਿ ਮੇਰੇ ਕੋਲ ਇਹ ਕਿਤਾਬ (ਕੁਰਆਨ) ਵੀ ਮੌਜੂਦ ਹੈ ਜਿਸ ਵਿਚ ਮੇਰੇ ਸਾਥੀਆਂ ਲਈ ਨਸੀਹਤ ਹੈ ਅਤੇ

اَمِ اتَّخَذُوْا مِنْ دُوْنِهٖۤ اٰلِهَةً ؕ قُلْ هَاتُوْا
بُرْهَانَكُمْ ۚ هٰذَا ذِكْرُ مَنْ مَّعِيَ وَذِكْرُ مَنْ
قَبْلِيْ ؕ بَلْ اَكْثَرُهُمْ لَا يَعْلَمُوْنَ ۙ الْحَقَّ فَهُمْ
مُّعْرِضُوْنَ ﴿24﴾

ਮੈਥੋਂ ਪਹਿਲੇ ਲੋਕਾਂ ਲਈ ਵੀ ਨਸੀਹਤ ਸੀ। ਹਕੀਕਤ ਇਹ ਹੈ ਕਿ ਇਹਨਾਂ ਵਿਚ ਬਹੁਤੇ ਅਜਿਹੇ ਹਨ ਜਿਹੜੇ ਹੱਕ (ਸੱਚਾਈ) ਨੂੰ ਨਹੀਂ ਜਾਣਦੇ, ਇਹੋ ਕਾਰਨ ਇਹ (ਹੱਕ ਤੋਂ) ਮੂੰਹ ਮੋੜੇ ਹੋਏ ਹਨ।

25. ਤੁਹਾਥੋਂ ਪਹਿਲਾਂ ਵੀ (ਹੇ ਨਬੀ!) ਅਸੀਂ ਜਿਹੜੇ ਵੀ ਰਸੂਲ ਭੇਜੇ ਉਹਨਾਂ ਵੱਲ ਇਹੋ ਵਹੀ (ਰੱਬੀ ਸੁਨੇਹਾ) ਘੱਲੀ ਗਈ ਸੀ ਕਿ ਛੁੱਟ ਮੈਥੋਂ ਹੋਰ ਕੋਈ ਇਸ਼ਟ ਨਹੀਂ, ਸੋ ਤੁਸੀਂ ਸਾਰੇ ਮੇਰੀ ਹੀ ਇਬਾਦਤ ਕਰੋ।

وَمَا أَرْسَلْنَا مِن قَبْلِكَ مِن رَّسُولٍ إِلَّا نُوحِيٓ
إِلَيْهِ أَنَّهُ لَا إِلَٰهَ إِلَّا أَنَا فَاعْبُدُونِ 25

26 ਇਹ (ਮੁਸ਼ਰਿਕ) ਆਖਦੇ ਹਨ ਕਿ ਰਹਿਮਾਨ (ਅੱਲਾਹ) ਸੰਤਾਨ ਵਾਲਾ ਹੈ ਜਦ ਕਿ ਉਸ ਦੀ ਜ਼ਾਤ ਤਾਂ (ਔਲਾਦ ਹੋਣ ਤੋਂ) ਪਾਕ ਹੈ, ਸਗੋਂ ਉਹ (ਫ਼ਰਿਸ਼ਤੇ ਜਿਨ੍ਹਾਂ ਨੂੰ ਸੰਤਾਨ ਆਖਦੇ ਹਨ) ਸਾਰੇ ਹੀ ਉਸ (ਅੱਲਾਹ) ਦੇ ਸਤਿਕਾਰਯੋਗ ਬੰਦੇ ਹਨ।

وَقَالُوا اتَّخَذَ الرَّحْمَٰنُ وَلَدًا سُبْحَانَهُ بَلْ عِبَادٌ
مُّكْرَمُونَ 26

27 ਉਹ ਕਿਸੇ ਵੀ ਗੱਲ ਵਿਚ ਵੱਧ ਕੇ ਨਹੀਂ ਬੋਲਦੇ ਸਗੋਂ ਉਸ ਦੇ ਆਗਿਆਕਾਰੀ ਬੰਦੇ ਹਨ।

لَا يَسْبِقُونَهُ بِالْقَوْلِ وَهُم بِأَمْرِهِ يَعْمَلُونَ 27

28 ਉਹ (ਅੱਲਾਹ) ਉਹਨਾਂ (ਫ਼ਰਿਸ਼ਤਿਆਂ) ਦੇ ਜੋ ਅੱਗੇ ਹੈ ਉਸ ਨੂੰ ਵੀ ਜਾਣਦਾ ਹੈ ਅਤੇ ਜੋ ਉਹਨਾਂ ਦੇ ਪਿੱਛੇ ਹੈ ਉਸ ਨੂੰ ਵੀ ਜਾਣਦਾ ਹੈ। ਉਹ (ਫ਼ਰਿਸ਼ਤੇ) ਕੇਵਲ ਉਸ ਦੀ ਸਿਫ਼ਾਰਸ਼ ਕਰਨਗੇ ਜਿਨ੍ਹਾਂ ਤੋਂ ਅੱਲਾਹ ਖ਼ੁਸ਼ ਹੋਵੇਗਾ। ਉਹ (ਫ਼ਰਿਸ਼ਤੇ) ਤਾਂ ਉਸ (ਅੱਲਾਹ) ਦੇ ਭੈਅ ਤੋਂ ਕੰਬਦੇ ਰਹਿੰਦੇ ਹਨ।

يَعْلَمُ مَا بَيْنَ أَيْدِيهِمْ وَمَا خَلْفَهُمْ
وَلَا يَشْفَعُونَ إِلَّا لِمَنِ ارْتَضَىٰ وَهُم مِّنْ
خَشْيَتِهِ مُشْفِقُونَ 28

29. ਉਹਨਾਂ ਵਿਚੋਂ ਜੇ ਕੋਈ (ਫ਼ਰਿਸ਼ਤਾ) ਇਹ ਕਹਿ ਦੇਵੇ ਕਿ ਅੱਲਾਹ ਤੋਂ ਛੁੱਟ ਮੈਂ ਵੀ ਇਸ਼ਟ ਹਾਂ ਤਾਂ ਅਸੀਂ ਉਸ ਨੂੰ ਨਰਕ ਦੀ ਸਜ਼ਾ ਦਿਆਂਗੇ। ਅਸੀਂ ਜ਼ਾਲਮਾਂ ਨੂੰ ਇੰਜ ਹੀ ਸਜ਼ਾ ਦਿਆ ਕਰਦੇ ਹਾਂ।

وَمَن يَقُلْ مِنْهُمْ إِنِّي إِلَٰهٌ مِّن دُونِهِ فَذَٰلِكَ
نَجْزِيهِ جَهَنَّمَ كَذَٰلِكَ نَجْزِي الظَّالِمِينَ 29

30. ਕੀ ਕਾਫ਼ਿਰਾਂ ਨੇ ਨਹੀਂ ਵੇਖਿਆ (ਸੋਚ ਵਿਚਾਰ ਨਹੀਂ ਕੀਤਾ ਕਿ ਬੇਸ਼ੱਕ ਅਕਾਸ਼ ਤੇ ਧਰਤੀ ਇਕ ਦੂਜੇ ਨਾਲ ਜੁੜੇ ਹੋਏ ਸਨ ਫੇਰ ਅਸੀਂ ਇਹਨਾਂ ਦੋਵਾਂ ਨੂੰ ਵੱਖੋ ਵੱਖ ਕਰ ਦਿੱਤਾ। ਅਸਾਂ ਹਰੇਕ ਜੀਵਤ ਚੀਜ਼ ਨੂੰ ਪਾਣੀ ਤੋਂ ਬਣਾਇਆ ਹੈ, ਕੀ ਉਹ ਫੇਰ ਵੀ ਈਮਾਨ ਨਹੀਂ ਲਿਆਉਣਗੇ।

أَوَلَمْ يَرَ الَّذِينَ كَفَرُوا أَنَّ السَّمَاوَاتِ وَالْأَرْضَ
كَانَتَا رَتْقًا فَفَتَقْنَاهُمَا ۖ وَجَعَلْنَا مِنَ الْمَاءِ
كُلَّ شَيْءٍ حَيٍّ ۖ أَفَلَا يُؤْمِنُونَ ﴿٣٠﴾

31. ਅਸੀਂ ਧਰਤੀ ਵਿਚ ਪਹਾੜਾਂ ਨੂੰ ਜਮਾ ਦਿੱਤਾ ਤਾਂ ਜੋ ਉਹ ਲੋਕਾਂ ਦੇ ਭਾਰ ਨਾਲ ਝੁਕ ਨਾ ਜਾਣ। ਅਸੀਂ ਇਸ ਵਿਚ ਖੁੱਲ੍ਹੇ ਖੁੱਲ੍ਹੇ ਰਾਹ ਬਣਾ ਦਿੱਤੇ ਤਾਂ ਜੋ ਉਹ (ਲੋਕ) ਰਾਹ ਲਭ ਲੈਣ।

وَجَعَلْنَا فِي الْأَرْضِ رَوَاسِيَ أَنْ تَمِيدَ بِهِمْ
وَجَعَلْنَا فِيهَا فِجَاجًا سُبُلًا لَعَلَّهُمْ
يَهْتَدُونَ ﴿٣١﴾

32. ਅਤੇ ਅਸੀਂ ਅਕਾਸ਼ ਨੂੰ ਇਕ ਸੁਰੱਖਿਅਤ ਛੱਤ ਬਣਾ ਦਿੱਤਾ, ਪਰੰਤੂ ਇਹ (ਕਾਫ਼ਿਰ) ਇਹਨਾਂ ਨਿਸ਼ਾਨੀਆਂ ਵੱਲ ਧਿਆਨ ਹੀ ਨਹੀਂ ਦਿੰਦੇ।

وَجَعَلْنَا السَّمَاءَ سَقْفًا مَحْفُوظًا ۖ وَهُمْ عَنْ
آيَاتِهَا مُعْرِضُونَ ﴿٣٢﴾

33. ਉਹ ਉਹੀਓ ਹੈ ਜਿਸ ਨੇ ਰਾਤ, ਦਿਨ, ਸੂਰਜ ਅਤੇ ਚੰਨ ਨੂੰ ਪੈਦਾ ਕੀਤਾ, ਇਹ ਸਾਰੇ ਆਪਣੇ ਆਪਣੇ ਮੰਡਲ ਵਿਚ ਤੁਰਦੇ ਫਿਰਦੇ ਹਨ।

وَهُوَ الَّذِي خَلَقَ اللَّيْلَ وَالنَّهَارَ وَالشَّمْسَ
وَالْقَمَرَ ۖ كُلٌّ فِي فَلَكٍ يَسْبَحُونَ ﴿٣٣﴾

34. (ਹੇ ਨਬੀ ਸ:!) ਤੁਹਾਥੋਂ ਪਹਿਲਾਂ ਵੀ ਕਿਸੇ ਵੀ ਮਨੁੱਖ ਨੂੰ ਅਸੀਂ ਸਦੀਵੀ ਜ਼ਿੰਦਗੀ ਨਹੀਂ ਦਿੱਤੀ। ਜੇ ਤੁਸੀਂ ਮਰ ਗਏ ਤਾਂ ਕੀ ਇਹ ਲੋਕ ਸਦਾ ਜਿਊਂਦੇ ਰਹਿਣਗੇ?

وَمَا جَعَلْنَا لِبَشَرٍ مِنْ قَبْلِكَ الْخُلْدَ ۖ
أَفَإِنْ مِتَّ فَهُمُ الْخَالِدُونَ ﴿٣٤﴾

35. ਮੌਤ ਦਾ ਸੁਆਦ ਤਾਂ ਹਰੇਕ ਜੀਵ ਨੇ ਚਖਣਾ ਹੀ ਹੈ। ਅਸੀਂ ਤੁਹਾਨੂੰ ਪਰਖਣ ਲਈ ਚੰਗੇ ਤੇ ਮਾੜੇ ਹਾਲਾਤ ਵਿਚ ਰੱਖਦੇ ਹਾਂ, ਅੰਤ ਤੁਸੀਂ ਸਭ ਨੇ ਆਉਣਾ ਸਾਡੇ ਵੱਲ ਹੀ ਹੈ।

كُلُّ نَفْسٍ ذَائِقَةُ الْمَوْتِ ۗ وَنَبْلُوكُمْ بِالشَّرِّ
وَالْخَيْرِ فِتْنَةً ۖ وَإِلَيْنَا تُرْجَعُونَ ﴿٣٥﴾

36. ਇਹ ਇਨਕਾਰੀ ਜਦੋਂ ਵੀ ਤੁਹਾਨੂੰ (ਹੇ ਮੁਹੰਮਦ!) ਵੇਖਦੇ ਹਨ ਤਾਂ ਤੁਹਾਡਾ ਮਖ਼ੌਲ ਕਰਦੇ ਹਨ ਅਤੇ ਆਖਦੇ ਹਨ, ਕੀ ਇਹ ਉਹੀਓ ਹੈ ਜਿਹੜਾ ਤੁਹਾਡੇ ਇਸ਼ਟਾਂ ਦੀ ਚਰਚਾ (ਨਿਖੇਦੀ) ਕਰਦਾ ਹੈ? ਜਦ ਕਿ ਸੱਚ ਇਹ ਹੈ ਕਿ ਇਹ (ਕਾਫ਼ਿਰ) ਹੀ ਰਹਿਮਾਨ ਦੇ ਜ਼ਿਕਰ ਤੋਂ ਇਨਕਾਰ ਕਰਦੇ ਹਨ।

وَإِذَا رَآكَ الَّذِينَ كَفَرُوا إِنْ يَتَّخِذُونَكَ إِلَّا
هُزُوًا أَهَٰذَا الَّذِي يَذْكُرُ آلِهَتَكُمْ وَهُمْ
بِذِكْرِ الرَّحْمَٰنِ هُمْ كَافِرُونَ ﴿٣٦﴾

37 ਮਨੁੱਖ ਜਨਮ ਤੋਂ ਹੀ ਕਾਹਲਾ ਹੈ। ਮੈਂ ਛੇਤੀ ਹੀ ਤੁਹਾਨੂੰ ਆਪਣੀਆਂ ਨਿਸ਼ਾਨੀਆਂ ਵਿਖਾਵਾਂਗਾ, ਤੁਸੀਂ ਮੇਰੇ ਨਾਲ (ਅਜ਼ਾਬ ਲਈ) ਇੰਨੀ ਕਾਹਲੀ ਨਾ ਕਰੋ।

خُلِقَ الْإِنسَانُ مِنْ عَجَلٍ ۚ سَأُرِيكُمْ آيَاتِي
فَلَا تَسْتَعْجِلُونِ ﴿٣٧﴾

38 ਕਾਫ਼ਿਰ ਆਖਦੇ ਹਨ ਕਿ ਜੇ ਤੁਸੀਂ (ਹੇ ਨਬੀ!) ਆਪਣੀ ਗੱਲ ਵਿਚ) ਸੱਚੇ ਹੋ ਤਾਂ ਦੱਸੋ ਕਿ ਇਹ (ਅਜ਼ਾਬ ਆਉਣ ਦਾ) ਵਾਅਦਾ ਕਦੋਂ ਪੂਰਾ ਹੋਵੇਗਾ।

وَيَقُولُونَ مَتَىٰ هَٰذَا الْوَعْدُ إِن كُنتُمْ
صَادِقِينَ ﴿٣٨﴾

39 ਕਾਸ਼! ਇਹ ਇਨਕਾਰੀ ਜਾਣਦੇ ਹੁੰਦੇ ਕਿ ਉਸ ਸਮੇਂ (ਜਦੋਂ ਅਜ਼ਾਬ ਆਵੇਗਾ) ਇਹ ਕਾਫ਼ਿਰ ਨਾ ਤਾਂ ਆਪਣੇ ਚਿਹਰਿਆਂ ਤੋਂ ਨਾ ਹੀ ਆਪਣੀਆਂ ਪਿੱਠਾਂ ਤੋਂ (ਨਰਕ ਦੀ) ਅੱਗ ਨੂੰ ਪਰਾਂ ਕਰ ਸਕਣਗੇ ਅਤੇ ਨਾ ਹੀ (ਕਿਸੇ ਪਾਸਿਓਂ) ਉਹਨਾਂ ਦੀ ਸਹਾਇਤਾ ਕੀਤੀ ਜਾਵੇਗੀ।

لَوْ يَعْلَمُ الَّذِينَ كَفَرُوا حِينَ لَا يَكُفُّونَ
عَن وُجُوهِهِمُ النَّارَ وَلَا عَن ظُهُورِهِمْ
وَلَا هُمْ يُنصَرُونَ ﴿٣٩﴾

40. ਅਚਣਚੇਤ ਉਹਨਾਂ ਉੱਤੇ ਵਾਅਦੇ ਵਾਲੀ ਘੜੀ (ਕਿਆਮਤ) ਆ ਜਾਵੇਗੀ ਅਤੇ ਇਹ ਹੈਰਾਨ ਪਰੇਸ਼ਾਨ ਹੋ ਜਾਣਗੇ, ਫੇਰ ਨਾ ਤਾਂ ਉਹ ਉਸ (ਘੜੀ) ਨੂੰ ਟਾਲ ਸਕਣਗੇ ਅਤੇ ਨਾ ਹੀ ਉਹਨਾਂ ਨੂੰ ਰਤਾ ਭਰ ਛੂਟ ਦਿੱਤੀ ਜਾਵੇਗੀ।

بَلْ تَأْتِيهِم بَغْتَةً فَتَبْهَتُهُمْ فَلَا يَسْتَطِيعُونَ
رَدَّهَا وَلَا هُمْ يُنظَرُونَ ﴿٤٠﴾

41 (ਹੇ ਮੁਹੰਮਦ ਸ.!) ਤੁਹਾਥੋਂ ਪਹਿਲਾਂ ਵੀ ਪੈਗ਼ੰਬਰਾਂ ਨਾਲ ਮਖ਼ੌਲ ਹੋਏ ਸਨ, ਅੰਤ ਉਹਨਾਂ ਖਿੱਲੀ ਕਰਨ ਵਾਲਿਆਂ ਨੂੰ ਉਸੇ (ਅਜ਼ਾਬ) ਨੇ ਆ ਘੇਰਿਆ ਜਿਸ ਦਾ ਉਹ ਮਖ਼ੌਲ ਕਰਿਆ ਕਰਦੇ ਸਨ।

وَلَقَدِ اسْتُهْزِئَ بِرُسُلٍ مِّن قَبْلِكَ فَحَاقَ بِالَّذِينَ
سَخِرُوا مِنْهُم مَّا كَانُوا بِهِ يَسْتَهْزِئُونَ ﴿٤١﴾

42. (ਉਹਨਾਂ ਇਨਕਾਰੀਆਂ ਨੂੰ) ਕਹੋ ਕਿ ਦਿਨ-ਰਾਤ ਰਹਿਮਾਨ ਦੇ (ਅਜ਼ਾਬ ਤੋਂ) ਤੁਹਾਡੀ ਸੁਰੱਖਿਆ ਕੌਣ ਕਰਦਾ ਹੈ? ਅਸਲ ਗੱਲ ਇਹ ਹੈ ਕਿ ਇਹ ਆਪਣੇ ਰੱਬ ਦੀ ਯਾਦ ਤੋਂ ਮੂੰਹ ਮੋੜੀ ਫਿਰਦੇ ਹਨ।

قُلْ مَن يَكْلَؤُكُم بِاللَّيْلِ وَالنَّهَارِ مِنَ الرَّحْمَٰنِ ۗ
بَلْ هُمْ عَن ذِكْرِ رَبِّهِم مُّعْرِضُونَ ﴿٤٢﴾

43. ਕੀ ਛੁੱਟ ਸਾਥੋਂ ਉਹਨਾਂ ਦੇ ਹੋਰ ਇਸ਼ਟ ਅਜਿਹੇ ਹਨ ਜਿਹੜੇ ਉਹਨਾਂ ਨੂੰ (ਅਜ਼ਾਬ ਤੋਂ) ਬਚਾ ਸਕਣ?

أَمْ لَهُمْ آلِهَةٌ تَمْنَعُهُم مِّن دُونِنَا ۚ لَا يَسْتَطِيعُونَ
نَصْرَ أَنفُسِهِمْ وَلَا هُم مِّنَّا يُصْحَبُونَ ﴿٤٣﴾

ਉਹ ਨਾ ਤਾਂ ਆਪਣੀ ਸਹਾਇਤਾ ਆਪ ਕਰ ਸਕਦੇ ਹਨ ਅਤੇ ਨਾ ਹੀ ਸਾਡੇ ਅਜ਼ਾਬ ਤੋਂ ਸੁਰੱਖਿਅਤ ਹਨ।

44. ਸਗੋਂ ਉਹਨਾਂ (ਕਾਫ਼ਿਰਾਂ) ਨੂੰ ਅਤੇ ਉਹਨਾਂ ਦੇ ਬਾਪ ਦਾਦਿਆਂ ਨੂੰ ਅਸੀਂ ਹੀ ਜੀਵਨ ਗੁਜ਼ਾਰਨ ਲਈ ਸਮੱਗਰੀ ਦਿੱਤੀ, ਇੱਥੋਂ ਤੀਕ ਕਿ ਉਹਨਾਂ 'ਤੇ ਇਕ ਲੰਮਾ ਸਮਾਂ ਲੰਘ ਗਿਆ। ਕੀ ਤੁਸੀਂ ਇਹ ਨਹੀਂ ਵੇਖਦੇ ਕਿ ਅਸੀਂ ਧਰਤੀ ਨੂੰ ਉਸ ਦੀਆਂ ਅਨੇਕਾਂ ਦਿਸ਼ਾਵਾਂ ਤੋਂ (ਕਾਫ਼ਿਰਾਂ ਦੀ ਤਾਕਤ) ਘਟਾਉਂਦੇ ਜਾਂਦੇ ਹਾਂ? ਕੀ ਫੇਰ ਵੀ ਇਹੋ ਭਾਰੂ ਰਹਿਣਗੇ?

بَلْ مَتَّعْنَا هٰٓؤُلَآءِ وَاٰبَآءَهُمْ حَتّٰى طَالَ عَلَيْهِمُ الْعُمُرُ ؕ اَفَلَا يَرَوْنَ اَنَّا نَاْتِى الْاَرْضَ نَنْقُصُهَا مِنْ اَطْرَافِهَا ؕ اَفَهُمُ الْغٰلِبُوْنَ ﴿٤٤﴾

45. ਹੇ ਨਬੀ! ਆਖ ਦਿਓ ਕਿ ਮੈਂ ਤਾਂ ਤੁਹਾਨੂੰ ਵਹੀ (ਰੱਬੀ ਆਦੇਸ਼) ਦੁਆਰਾ (ਉਸ ਦੇ ਅਜ਼ਾਬ ਤੋਂ) ਖ਼ਬਰਦਾਰ ਕਰ ਰਿਹਾ ਹਾਂ, ਪਰੰਤੂ ਬੋਲੇ ਲੋਕ ਨਹੀਂ ਸੁਣਦੇ, ਜਦ ਕਿ ਉਹਨਾਂ ਨੂੰ ਸਾਵਧਾਨ ਕੀਤਾ ਜਾ ਰਿਹਾ ਹੋ।

قُلْ اِنَّمَآ اُنْذِرُكُمْ بِالْوَحْىِ ۖ وَلَا يَسْمَعُ الصُّمُّ الدُّعَآءَ اِذَا مَا يُنْذَرُوْنَ ﴿٤٥﴾

46. ਜੇ ਉਹਨਾਂ ਨੂੰ (ਹੇ ਨਬੀ!) ਤੇਰੇ ਰੱਬ ਦਾ ਅਜ਼ਾਬ ਰਤਾ ਛੂਹ ਜਾਵੇ ਤਾਂ ਕਹਿਣਗੇ ਕਿ ਅਸੀਂ ਤਾਂ ਬਰਬਾਦ ਹੋ ਗਏ, (ਇਕਰਾਰ ਕਰਨਗੇ ਕਿ) ਅਸੀਂ ਜ਼ਾਲਮ ਹਾਂ।

وَلَئِنْ مَّسَّتْهُمْ نَفْحَةٌ مِّنْ عَذَابِ رَبِّكَ لَيَقُوْلُنَّ يٰوَيْلَنَآ اِنَّا كُنَّا ظٰلِمِيْنَ ﴿٤٦﴾

47. ਕਿਆਮਤ ਦਿਹਾੜੇ ਅਸੀਂ ਠੀਕ ਠੀਕ ਤੋਲਣ ਵਾਲੀ ਤੱਕੜੀ ਲੋਕਾਂ ਵਿਚਕਾਰ ਲਿਆ ਰੱਖਾਂਗੇ ਫੇਰ ਕਿਸੇ ਨਾਲ ਕੋਈ ਜ਼ੁਲਮ ਨਹੀਂ ਹੋਵੇਗਾ। ਜੇ ਇਕ ਰਾਈ ਦੇ ਦਾਣੇ ਬਰਾਬਰ ਵੀ ਕਿਸੇ ਨੇ ਕੋਈ ਅਮਲ (ਕੰਮ) ਕੀਤਾ ਹੋਵੇਗਾ ਅਸੀਂ ਉਸ ਨੂੰ ਉਸ ਦੇ ਸਾਹਮਣੇ ਲਿਆਵਾਂਗੇ। ਹਿਸਾਬ ਕਰਨ ਲਈ ਅਸੀਂ ਹੀ ਬਥੇਰਾ ਹਾਂ।

وَنَضَعُ الْمَوَازِيْنَ الْقِسْطَ لِيَوْمِ الْقِيٰمَةِ فَلَا تُظْلَمُ نَفْسٌ شَيْـًٔا ؕ وَاِنْ كَانَ مِثْقَالَ حَبَّةٍ مِّنْ خَرْدَلٍ اَتَيْنَا بِهَا ؕ وَكَفٰى بِنَا حٰسِبِيْنَ ﴿٤٧﴾

48. (ਅਤੇ ਕੁਰਆਨ ਤੋਂ ਪਹਿਲਾਂ) ਅਸੀਂ ਮੂਸਾ ਅਤੇ ਹਾਰੂਨ ਨੂੰ ਫ਼ੁਰਕਾਨ (ਹੱਕ ਅਤੇ ਝੂਠ ਵਿਚਕਾਰ ਫ਼ੈਸਲਾ ਕਰਨ ਵਾਲੀ ਤੇ ਸਿੱਧੀ ਰਾਹ ਵਿਖਾਉਣ

وَلَقَدْ اٰتَيْنَا مُوْسٰى وَهٰرُوْنَ الْفُرْقَانَ وَضِيَآءً وَّذِكْرًا لِّلْمُتَّقِيْنَ ﴿٤٨﴾

ਵਾਲੀ) ਅਤੇ ਚਾਨਣ ਪਾਉਣ ਵਾਲੀ ਅਤੇ (ਬੁਰਾਈਆਂ ਤੋਂ) ਪਰਹੇਜ਼ ਕਰਨ ਵਾਲਿਆਂ ਨੂੰ ਨਸੀਹਤ ਕਰਨ ਵਾਲੀ ਕਿਤਾਬ (ਤੌਰੈਤ) ਬਖ਼ਸ਼ ਚੁੱਕੇ ਹਾਂ।

49. (ਅਤੇ ਇਹ ਕੁਰਆਨ ਉਨ੍ਹਾਂ ਲਈ ਹੈ) ਜਿਹੜੇ ਲੋਕ ਬਿਨਾ ਵੇਖੇ ਆਪਣੇ ਰੱਬ ਤੋਂ ਡਰਦੇ ਹਨ ਅਤੇ ਕਿਆਮਤ ਤੋਂ ਵੀ ਡਰੇ ਰਹਿੰਦੇ ਹਨ।

الَّذِينَ يَخْشَوْنَ رَبَّهُم بِالْغَيْبِ وَهُم مِّنَ السَّاعَةِ مُشْفِقُونَ 49

50. ਇਹ (ਕੁਰਆਨ) ਬਰਕਤਾਂ ਵਾਲਾ ਜ਼ਿਕਰ ਹੈ, ਜਿਸ ਨੂੰ ਅਸੀਂ ਹੀ ਨਾਜ਼ਿਲ ਕੀਤਾ ਹੈ। ਕੀ ਤੁਸੀਂ ਫੇਰ ਵੀ ਇਸ ਨੂੰ ਨਹੀਂ ਮੰਨਦੇ?[1]

وَهَٰذَا ذِكْرٌ مُّبَارَكٌ أَنزَلْنَاهُ ۚ أَفَأَنتُمْ لَهُ مُنكِرُونَ 50

51. ਬੇਸ਼ੱਕ ਉਸ (ਤੌਰੈਤ) ਤੋਂ ਵੀ ਪਹਿਲਾਂ ਅਸੀਂ ਇਬਰਾਹੀਮ ਨੂੰ ਸੂਝ-ਬੂਝ ਬਖ਼ਸ਼ੀ ਸੀ ਅਤੇ ਅਸੀਂ ਉਸ (ਇਬਰਾਹੀਮ) ਨੂੰ ਚੰਗੀ ਤਰ੍ਹਾਂ ਜਾਣਦੇ ਸੀ।

وَلَقَدْ آتَيْنَا إِبْرَاهِيمَ رُشْدَهُ مِن قَبْلُ وَكُنَّا بِهِ عَالِمِينَ 51

52. ਜਦੋਂ ਉਸ (ਇਬਰਾਹੀਮ) ਨੇ ਆਪਣੇ ਪਿਤਾ ਨੂੰ ਅਤੇ ਆਪਣੀ ਕੌਮ ਨੂੰ ਆਖਿਆ ਸੀ ਕਿ ਇਹ ਮੂਰਤੀਆਂ ਜਿਨ੍ਹਾਂ ਦੀ ਤੁਸੀਂ ਮਜਾਵਰੀ (ਦੇਖ ਭਾਲ) ਕਰਦੇ ਹੋ ਕੀ ਹਨ?

إِذْ قَالَ لِأَبِيهِ وَقَوْمِهِ مَا هَٰذِهِ التَّمَاثِيلُ الَّتِي أَنتُمْ لَهَا عَاكِفُونَ 52

53. ਉਹਨਾਂ (ਸਭ ਨੇ) ਕਿਹਾ ਕਿ ਅਸੀਂ ਆਪਣੇ ਪਿਓ ਦਾਦਿਆਂ (ਭਾਵ ਬਜ਼ੁਰਗਾਂ) ਨੂੰ ਇਹਨਾਂ (ਮੂਰਤੀਆਂ) ਦੀ ਹੀ ਪੂਜਾ ਕਰਦੇ ਵੇਖਿਆ ਹੈ।

قَالُوا وَجَدْنَا آبَاءَنَا لَهَا عَابِدِينَ 53

54. (ਇਬਰਾਹੀਮ ਨੇ) ਕਿਹਾ, ਫੇਰ ਤਾਂ ਤੁਸੀਂ ਵੀ ਕੁਰਾਹੇ ਪਏ ਹੋਏ ਹੋ ਅਤੇ ਤੁਹਾਡੇ ਬਜ਼ੁਰਗ ਵੀ ਸਪਸ਼ਟ ਰੂਪ ਵਿਚ ਕੁਰਾਹੇ ਪਏ ਹੋਏ ਸਨ।

قَالَ لَقَدْ كُنتُمْ أَنتُمْ وَآبَاؤُكُمْ فِي ضَلَالٍ مُّبِينٍ 54

55. (ਕੌਮ ਨੇ) ਕਿਹਾ, ਕੀ ਤੁਸੀਂ ਸਾਡੇ ਸਾਹਮਣੇ ਸੱਚ ਬੋਲ ਰਹੇ ਹੋ ਜਾਂ ਮਖੌਲ ਕਰ ਰਹੇ ਹੋ?

قَالُوا أَجِئْتَنَا بِالْحَقِّ أَمْ أَنتَ مِنَ اللَّاعِبِينَ 55

---

[1] ਵੇਖੋ ਸੂਰਤ ਯੂਨੁਸ, ਹਾਸ਼ੀਆ ਆਇਤ 37/10 ਅਤੇ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

56. ਇਬਰਾਹੀਮ ਨੇ ਫ਼ਰਮਾਇਆ, ਅਸਲ ਗੱਲ ਇਹ ਹੈ ਕਿ ਤੁਹਾਡਾ ਸਾਰਿਆਂ ਦਾ ਪਾਲਣਹਾਰ ਤਾਂ ਉਹੀਓ ਹੈ ਜਿਹੜਾ ਅਕਾਸ਼ਾਂ ਅਤੇ ਧਰਤੀ ਦਾ ਮਾਲਿਕ ਹੈ ਅਤੇ ਜਿਸ ਨੇ ਉਹਨਾਂ ਨੂੰ ਸਾਜਿਆ ਹੈ। ਮੈਂ ਤੁਹਾਡੇ ਸਾਹਮਣੇ ਇਸ ਦੀ ਗਵਾਹੀ ਦਿੰਦਾ ਹਾਂ।

قَالَ بَل رَّبُّكُمْ رَبُّ السَّمٰوٰتِ وَالْأَرْضِ الَّذِي
فَطَرَهُنَّ ۖ وَأَنَا عَلٰى ذٰلِكُم مِّنَ الشّٰهِدِينَ ٥٦

57 (ਇਬਰਾਹੀਮ ਨੇ ਮਨ ਵਿਚ ਕਿਹਾ ਕਿ) ਅੱਲਾਹ ਦੀ ਕਸਮ! ਤੁਹਾਡੇ ਜਾਣ ਮਗਰੋਂ ਮੈਂ ਤੁਹਾਡੇ ਇਹਨਾਂ ਬੁਤਾਂ ਨਾਲ ਨਿਬੜਾਂਗਾ।

وَتَاللّٰهِ لَأَكِيدَنَّ أَصْنَامَكُم بَعْدَ أَن تُوَلُّوا
مُدْبِرِينَ ٥٧

58 (ਜਦੋਂ ਸਾਰੇ ਚਲੇ ਗਏ ਤਾਂ) ਫੇਰ ਉਸ (ਇਬਰਾਹੀਮ) ਨੇ ਸਾਰੀਆਂ (ਮੂਰਤੀਆਂ) ਦੇ ਟੋਟੇ-ਟੋਟੇ ਕਰ ਦਿੱਤੇ, ਕੇਵਲ ਇਕ ਵੱਡੇ ਬੁਤ ਨੂੰ ਬਾਕੀ ਰਹਿਣ ਦਿੱਤਾ ਤਾਂ ਜੋ (ਜਦੋਂ ਆ ਕੇ ਵੇਖਣ ਤਾਂ) ਉਸੇ ਬੁਤ ਵੱਲ ਪਰਤਣ।

فَجَعَلَهُمْ جُذٰذًا إِلَّا كَبِيرًا لَّهُمْ لَعَلَّهُمْ إِلَيْهِ
يَرْجِعُونَ ٥٨

59 (ਜਦੋਂ ਉਹਨਾਂ ਨੂੰ ਬੁਤਾਂ ਬਾਰੇ ਪਤਾ ਲਗਿਆ ਤਾਂ) ਪੁੱਛਣ ਲੱਗੇ ਕਿ ਸਾਡੇ ਇਸ਼ਟਾਂ ਦਾ ਇਹ ਹਾਲ ਕਿਸ ਨੇ ਕੀਤਾ ਹੈ? (ਜਿਸ ਨੇ ਵੀ ਇਹ ਕੀਤਾ ਹੈ) ਬੇਸ਼ੱਕ ਉਹ ਜ਼ਾਲਮਾਂ ਵਿੱਚੋਂ ਹੀ ਹੈ।

قَالُوا مَن فَعَلَ هٰذَا بِاٰلِهَتِنَا إِنَّهُ
لَمِنَ الظّٰلِمِينَ ٥٩

60 (ਕੁੱਝ ਲੋਕ ਆਪਸ ਵਿਚ) ਕਹਿਣ ਲੱਗੇ ਕਿ ਅਸੀਂ ਇਕ ਨੌਜਵਾਨ ਨੂੰ ਇਹਨਾਂ (ਇਸ਼ਟਾਂ) ਪ੍ਰਤੀ ਚਰਚਾ ਕਰਦੇ ਹੋਏ ਸੁਣਿਆ ਸੀ ਉਸ ਨੂੰ ਇਬਰਾਹੀਮ ਕਿਹਾ ਜਾਂਦਾ ਹੈ।

قَالُوا سَمِعْنَا فَتًى يَذْكُرُهُمْ يُقَالُ لَهُ إِبْرٰهِيمُ ٦٠

61 ਸਾਰਿਆਂ ਨੇ ਕਿਹਾ ਕਿ ਤੁਸੀਂ ਉਸ ਨੂੰ ਲੋਕਾਂ ਦੇ ਸਾਹਮਣੇ ਫੜ ਲਿਆਓ ਤਾਂ ਜੋ ਸਾਰੇ ਉਸ ਨੂੰ ਵੇਖ ਲੈਣ।

قَالُوا فَأْتُوا بِهِ عَلٰى أَعْيُنِ النَّاسِ لَعَلَّهُمْ
يَشْهَدُونَ ٦١

62 (ਜਦੋਂ ਇਬਰਾਹੀਮ ਨੂੰ ਲੋਕਾਂ ਸਾਹਮਣੇ ਲਿਆਂਦਾ ਗਿਆ ਤਾਂ ਕੌਮ ਦੇ ਸਰਦਾਰ) ਆਖਣ ਲੱਗੇ, ਕੀ ਤੈਨੇ ਹੀ ਸਾਡੇ ਇਸ਼ਟਾਂ ਦਾ ਇਹ ਹਾਲ ਕੀਤਾ ਹੈ?

قَالُوا أَأَنتَ فَعَلْتَ هٰذَا بِاٰلِهَتِنَا
يٰإِبْرٰهِيمُ ٦٢

63 ਤਾਂ ਇਬਰਾਹੀਮ ਨੇ ਕਿਹਾ ਕਿ ਇਹ ਕੰਮ ਤਾਂ ਉਹਨਾਂ (ਮੂਰਤੀਆਂ) ਦੇ ਵੱਡੇ (ਬੁਤ) ਦਾ ਹੈ, ਪੁੱਛ ਲਵੋ ਜੇ ਇਹ ਬੋਲ ਸਕਦਾ ਹੈ।

قَالَ بَلْ فَعَلَهُۥ كَبِيرُهُمْ هَٰذَا فَسْـَٔلُوهُمْ إِن كَانُوا۟ يَنطِقُونَ 63

64 (ਇਹ ਸੁਣਕੇ) ਉਹ ਸਭ ਆਪਣੇ ਆਪ ਵਿਚ ਇਸ ਗੱਲ ਨੂੰ ਮੰਨਣ ਲੱਗੇ (ਕਿ ਇਹ ਬੁਤ ਤਾਂ ਕੁੱਝ ਬੋਲ ਵੀ ਨਹੀਂ ਸਕਦੇ ਅਤੇ (ਮਨ ਹੀ ਮਨ ਵਿਚ) ਕਹਿਣ ਲੱਗੇ ਕਿ ਜ਼ਾਲਮ ਤਾਂ ਤੁਸੀਂ ਆਪ ਹੀ ਹੋ।

فَرَجَعُوٓا۟ إِلَىٰٓ أَنفُسِهِمْ فَقَالُوٓا۟ إِنَّكُمْ أَنتُمُ ٱلظَّٰلِمُونَ 64

65. ਫੇਰ ਉਹਨਾਂ ਦੀ ਮੱਤ ਪੁੱਠੀ ਹੋ ਗਈ (ਤੇ ਆਖਣ ਲੱਗੇ) ਇਹ ਤਾਂ ਤੂੰ ਵੀ ਜਾਣਦਾ ਹੈ ਕਿ ਇਹ ਬੋਲਦੇ ਨਹੀਂ।

ثُمَّ نُكِسُوا۟ عَلَىٰ رُءُوسِهِمْ لَقَدْ عَلِمْتَ مَا هَٰٓؤُلَآءِ يَنطِقُونَ 65

66 (ਇਬਰਾਹੀਮ ਨੇਂ) ਕਿਹਾ, ਕੀ ਤੁਸੀਂ ਅੱਲਾਹ ਨੂੰ ਛੱਡ ਕੇ ਉਹਨਾਂ ਦੀ ਪੂਜਾ ਕਰਦੇ ਹੋ ਜੋ ਨਾ ਤੁਹਾਨੂੰ ਕੁੱਝ ਲਾਭ ਦੇ ਸਕਦੇ ਹਨ ਨਾ ਹੀ ਹਾਨੀ?

قَالَ أَفَتَعْبُدُونَ مِن دُونِ ٱللَّهِ مَا لَا يَنفَعُكُمْ شَيْـًٔا وَلَا يَضُرُّكُمْ 66

67. ਅਫ਼ਸੋਸ ਹੈ ਤੁਹਾਡੇ (ਭਾਵ ਤੁਹਾਡੀਆਂ ਅਕਲਾਂ) ਉੱਤੇ ਅਤੇ ਉਹਨਾਂ ਉੱਤੇ ਜਿਨ੍ਹਾਂ ਦੀ ਪੂਜਾ ਤੁਸੀਂ ਅੱਲਾਹ ਨੂੰ ਛੱਡ ਕੇ ਕਰਦੇ ਹੋ। ਕੀ ਤੁਹਾਨੂੰ ਕੁੱਝ ਵੀ ਅਕਲ ਨਹੀਂ?

أُفٍّ لَّكُمْ وَلِمَا تَعْبُدُونَ مِن دُونِ ٱللَّهِ ۖ أَفَلَا تَعْقِلُونَ 67

68 (ਆਪਸ ਵਿਚ) ਕਹਿਣ ਲੱਗੇ ਕਿ ਜੇ ਤੁਸੀਂ ਆਪਣੇ ਇਸ਼ਟਾਂ ਦੀ ਮਦਦ ਕਰਨੀ ਹੀ ਹੈ ਤਾਂ ਇਬਰਾਹੀਮ ਨੂੰ ਅੱਗ ਵਿਚ ਸੁੱਟ ਦਿਓ।

قَالُوا۟ حَرِّقُوهُ وَٱنصُرُوٓا۟ ءَالِهَتَكُمْ إِن كُنتُمْ فَٰعِلِينَ 68

69 (ਜਦੋਂ ਇਬਰਾਹੀਮ ਨੂੰ ਅੱਗ ਵਿਚ ਸੁਟ ਦਿੱਤਾ ਗਿਆ ਤਾਂ) ਅਸੀਂ ਹੁਕਮ ਦਿੱਤਾ ਕਿ ਹੇ ਅੱਗ! ਤੂੰ ਠੰਡੀ ਹੋ ਜਾ ਅਤੇ ਇਬਰਾਹੀਮ ਲਈ ਸਲਾਮਤੀ ਵਾਲੀ ਬਣ ਜਾ।

قُلْنَا يَٰنَارُ كُونِى بَرْدًا وَسَلَٰمًا عَلَىٰٓ إِبْرَٰهِيمَ 69

70. ਉਹਨਾਂ ਨੇ ਇਬਰਾਹੀਮ ਨਾਲ ਬੁਰਾ ਕਰਨਾ ਚਾਹਿਆ ਪਰ ਅਸੀਂ ਉਹਨਾਂ ਨੂੰ ਹੀ ਘਾਟੇ ਵਿਚ ਪਾ ਦਿੱਤਾ (ਅਸਫ਼ਲ ਕਰ ਦਿੱਤਾ)।

وَأَرَادُوا۟ بِهِۦ كَيْدًا فَجَعَلْنَٰهُمُ ٱلْأَخْسَرِينَ 70

71 ਅਸੀਂ ਉਸ (ਇਬਰਾਹੀਮ) ਨੂੰ ਅਤੇ ਲੂਤ ਨੂੰ ਸੁਰੱਖਿਅਤ ਬਚਾ ਕੇ ਉਸ ਧਰਤੀ (ਮੁਲਕ ਸ਼ਾਮ) ਵੱਲ ਲੈ ਗਏ, ਜਿੱਥੇ ਅਸੀਂ ਦੁਨੀਆਂ ਜਹਾਨ ਲਈ ਬਰਕਤਾਂ ਰੱਖੀਆਂ ਸਨ।

وَنَجَّيْنَٰهُ وَلُوطًا إِلَى ٱلْأَرْضِ ٱلَّتِى بَٰرَكْنَا فِيهَا لِلْعَٰلَمِينَ ﴿٧١﴾

72. ਅਸੀਂ ਉਸ (ਇਬਰਾਹੀਮ) ਨੂੰ ਇਸਹਾਕ (ਜਿਹਾ ਪੁੱਤਰ) ਅਤੇ ਯਾਕੂਬ (ਜਿਹਾ ਪੋਤਰਾ) ਇਨਾਮ ਵਿਚ ਦਿੱਤਾ ਅਤੇ ਹਰੇਕ ਨੂੰ ਅਸੀਂ ਨੇਕ ਕੰਮ ਕਰਨ ਵਾਲਾ ਬਣਾਇਆ.

وَوَهَبْنَا لَهُۥٓ إِسْحَٰقَ وَيَعْقُوبَ نَافِلَةً ۖ وَكُلًّا جَعَلْنَا صَٰلِحِينَ ﴿٧٢﴾

73 ਅਤੇ ਅਸੀਂ ਉਹਨਾਂ (ਇਸਹਾਕ ਤੇ ਯਾਕੂਬ) ਨੂੰ ਆਗੂ (ਨਬੀ) ਬਣਾਇਆ ਤਾਂ ਜੋ ਸਾਡੇ ਆਦੇਸ਼ਾਂ ਅਨੁਸਾਰ ਲੋਕਾਂ ਦੀ ਅਗਵਾਈ ਕਰਨ ਅਤੇ ਅਸੀਂ ਉਹਨਾਂ (ਨਬੀਆਂ) ਵੱਲ ਭਲੇ ਕੰਮ ਕਰਨ, ਨਮਾਜ਼ ਕਾਇਮ ਰੱਖਣ ਅਤੇ ਜ਼ਕਾਤ ਅਦਾ ਕਰਨ ਦਾ ਹੁਕਮ ਵਹੀ ਰਾਹੀਂ ਭੇਜਿਆ ਅਤੇ ਉਹ ਸਾਰੇ ਹੀ ਸਾਡੇ ਇਬਾਦਤ ਗੁਜ਼ਾਰ ਬੰਦੇ ਸਨ।

وَجَعَلْنَٰهُمْ أَئِمَّةً يَهْدُونَ بِأَمْرِنَا وَأَوْحَيْنَآ إِلَيْهِمْ فِعْلَ ٱلْخَيْرَٰتِ وَإِقَامَ ٱلصَّلَوٰةِ وَإِيتَآءَ ٱلزَّكَوٰةِ ۖ وَكَانُوا۟ لَنَا عَٰبِدِينَ ﴿٧٣﴾

74. ਅਸੀਂ ਲੂਤ ਨੂੰ ਵੀ ਦਾਨਾਈ (ਪੈਗ਼ੰਬਰੀ) ਅਤੇ ਗਿਆਨ ਬਖ਼ਸ਼ਿਆ ਅਤੇ ਅਸੀਂ ਉਸ ਨੂੰ ਉਸ ਬਸਤੀ ਵਿੱਚੋਂ ਕੱਢਿਆ ਜਿੱਥੇ ਦੇ ਲੋਕੀ ਅਸ਼ਲੀਲ ਕੰਮਾਂ ਵਿਚ ਡੁੱਬੇ ਹੋਏ ਸਨ। ਉਹ ਬਹੁਤ ਹੀ ਭੈੜੇ ਅਤੇ ਅਵੱਗਿਆਕਾਰੀ ਲੋਕ ਸਨ।

وَلُوطًا ءَاتَيْنَٰهُ حُكْمًا وَعِلْمًا وَنَجَّيْنَٰهُ مِنَ ٱلْقَرْيَةِ ٱلَّتِى كَانَت تَّعْمَلُ ٱلْخَبَٰٓئِثَ ۗ إِنَّهُمْ كَانُوا۟ قَوْمَ سَوْءٍ فَٰسِقِينَ ﴿٧٤﴾

75 ਅਸੀਂ ਉਸ (ਲੂਤ) ਨੂੰ ਆਪਣੀਆਂ ਮਿਹਰਾਂ ਵਿਚ ਦਾਖ਼ਲ ਕਰ ਲਿਆ ਬੇਸ਼ੱਕ ਉਹ ਨੇਕ ਲੋਕਾਂ ਵਿੱਚੋਂ ਸੀ।

وَأَدْخَلْنَٰهُ فِى رَحْمَتِنَآ ۖ إِنَّهُۥ مِنَ ٱلصَّٰلِحِينَ ﴿٧٥﴾

76. ਅਤੇ (ਹੇ ਨਬੀ) ਨੂਹ ਨੂੰ ਯਾਦ ਕਰੋ ਜਦੋਂ ਉਸ ਨੇ ਉਹਨਾਂ (ਸਾਰੇ ਨਬੀਆਂ) ਤੋਂ ਪਹਿਲਾਂ ਸਾਨੂੰ ਦੁਆ ਕੀਤੀ ਸੀ ਅਤੇ ਅਸੀਂ ਉਹ ਦੀ ਦੁਆ ਕਬੂਲ ਕੀਤੀ। ਸੋ ਅਸੀਂ ਉਸ (ਨੂਹ) ਨੂੰ ਅਤੇ ਉਸ ਦੇ ਸਾਥੀਆਂ ਨੂੰ ਇਕ ਵੱਡੇ ਸੰਕਟ ਵਿੱਚੋਂ ਕੱਢਿਆ।

وَنُوحًا إِذْ نَادَىٰ مِن قَبْلُ فَٱسْتَجَبْنَا لَهُۥ فَنَجَّيْنَٰهُ وَأَهْلَهُۥ مِنَ ٱلْكَرْبِ ٱلْعَظِيمِ ﴿٧٦﴾

77. ਅਤੇ ਅਸੀਂ ਉਹਨਾਂ (ਨੂਹ ਤੇ ਉਸ ਦੇ ਸਾਥੀਆਂ) ਦੀ ਹਿਮਾਇਤ ਉਹਨਾਂ ਲੋਕਾਂ ਦੇ ਮੁਕਾਬਲੇ ਵਿਚ ਕੀਤੀ ਸੀ, ਜਿਹੜੇ ਸਾਡੀਆਂ ਆਇਤਾਂ (ਨਿਸ਼ਾਨੀਆਂ) ਨੂੰ ਝੁਠਲਾ ਰਹੇ ਸਨ। ਨਿਰਸੰਦੇਹ, ਉਹ ਬਹੁਤ ਹੀ ਭੈੜੇ ਲੋਕ ਸਨ, ਸੋ ਅਸੀਂ ਉਹਨਾਂ ਸਭ ਨੂੰ ਡੋਬ ਦਿੱਤਾ।

وَنَصَرْنٰهُ مِنَ الْقَوْمِ الَّذِيْنَ كَذَّبُوْا بِاٰيٰتِنَا
اِنَّهُمْ كَانُوْا قَوْمَ سَوْءٍ فَاَغْرَقْنٰهُمْ اَجْمَعِيْنَ ﴿٧٧﴾

78. (ਹੇ ਨਬੀ ਸ:!) ਦਾਊਦ ਅਤੇ (ਉਸ ਦੇ ਪੁੱਤਰ) ਸੁਲੇਮਾਨ ਨੂੰ ਯਾਦ ਕਰੋ ਜਦੋਂ ਉਹ ਦੋਵੇਂ ਇਕ ਖੇਤ (ਦੀ ਮਲਕੀਅਤ) ਦਾ ਫ਼ੈਸਲਾ ਕਰ ਰਹੇ ਸਨ, ਜਿਸ ਵਿਚ ਰਾਤ ਵੇਲੇ ਕਿਸੇ ਦੀਆਂ ਬਕਰੀਆਂ ਚਰ-ਚੁਗ ਗਈਆਂ ਸਨ। ਅਸੀਂ ਉਹਨਾਂ ਦੇ ਫ਼ੈਸਲੇ ਸਮੇਂ ਮੌਜੂਦ ਸੀ।

وَدَاوٗدَ وَسُلَيْمٰنَ اِذْ يَحْكُمٰنِ فِي الْحَرْثِ
اِذْ نَفَشَتْ فِيْهِ غَنَمُ الْقَوْمِ ۚ وَكُنَّا لِحُكْمِهِمْ
شٰهِدِيْنَ ﴿٧٨﴾

79. ਅਸੀਂ ਸੁਲੇਮਾਨ ਨੂੰ ਠੀਕ (ਫ਼ੈਸਲਾ) ਸੁਝਾ ਦਿੱਤਾ ਅਤੇ ਅਸੀਂ ਹਰੇਕ ਨੂੰ ਸਿਆਣਪ ਤੇ ਗਿਆਨ ਬਖ਼ਸ਼ਿਆ। ਅਸੀਂ ਦਾਊਦ ਦੇ ਅਧੀਨ ਪਹਾੜਾਂ ਤੇ ਪੰਛੀਆਂ ਨੂੰ ਕਰ ਦਿੱਤਾ। ਉਹ (ਸਾਰੇ) ਤਸਬੀਹ ਕਰਦੇ ਸਨ। ਇਹ ਸਭ ਕਰਨ ਵਾਲੇ ਅਸੀਂ ਆਪ ਹੀ ਸਾਂ।

فَفَهَّمْنٰهَا سُلَيْمٰنَ ۚ وَكُلًّا اٰتَيْنَا حُكْمًا وَّعِلْمًا ۫
وَّسَخَّرْنَا مَعَ دَاوٗدَ الْجِبَالَ يُسَبِّحْنَ وَالطَّيْرَ ۗ
وَكُنَّا فٰعِلِيْنَ ﴿٧٩﴾

80. ਅਸੀਂ ਉਸ (ਦਾਊਦ) ਨੂੰ ਤੁਹਾਡੇ ਲਈ ਜ਼ਿਰ੍ਹਾ ਬਕਤਰ (ਜੰਗੀ ਲਿਬਾਸ) ਬਣਾਉਣ ਦੀ ਕਲਾ ਸਿਖਾਈ, ਤਾਂ ਜੋ ਲੜਾਈ ਸਮੇਂ ਇਕ ਦੂਜੇ ਦੇ ਹਮਲੇ ਤੋਂ ਬਚਾਏ। ਕੀ ਤੁਸੀਂ ਧੰਨਵਾਦੀ ਬਣੋਗੇ?

وَعَلَّمْنٰهُ صَنْعَةَ لَبُوْسٍ لَّكُمْ لِتُحْصِنَكُمْ مِّنْۢ
بَاْسِكُمْ ۚ فَهَلْ اَنْتُمْ شٰكِرُوْنَ ﴿٨٠﴾

81. ਅਸੀਂ ਹੀ ਸੁਲੇਮਾਨ ਦੇ ਅਧੀਨ ਤੇਜ਼ ਹਵਾ ਨੂੰ ਕੀਤਾ, ਉਹ ਉਸ ਦੇ ਹੁਕਮ ਨਾਲ ਉਸ ਧਰਤੀ ਵੱਲ ਵਗਦੀ ਸੀ ਜਿੱਥੇ ਅਸੀਂ ਬਰਕਤਾਂ ਦੇ ਰੱਖੀਆਂ ਸਨ। ਅਸੀਂ ਹਰੇਕ ਚੀਜ਼ ਦਾ ਭਲੀ-ਭਾਂਤ ਗਿਆਨ ਰੱਖਦੇ ਹਾਂ।

وَلِسُلَيْمٰنَ الرِّيْحَ عَاصِفَةً تَجْرِيْ بِاَمْرِهٖٓ
اِلَى الْاَرْضِ الَّتِيْ بٰرَكْنَا فِيْهَا ۗ وَكُنَّا بِكُلِّ
شَيْءٍ عٰلِمِيْنَ ﴿٨١﴾

82. ਇਸੇ ਪ੍ਰਕਾਰ ਅਸੀਂ ਬਹੁਤ ਸਾਰੇ ਸ਼ੈਤਾਨ ਵੀ ਉਸ (ਸੁਲੇਮਾਨ) ਦੇ ਅਧੀਨ ਕੀਤੇ ਹੋਏ ਸੀ ਜਿਹੜੇ ਉਸ ਦੇ ਹੁਕਮ ਨਾਲ (ਸਮੁੰਦਰ ਵਿਚ) ਗੋਤੇ ਮਾਰਦੇ

وَمِنَ الشَّيٰطِيْنِ مَنْ يَّغُوْصُوْنَ لَهٗ وَيَعْمَلُوْنَ
عَمَلًا دُوْنَ ذٰلِكَ ۚ وَكُنَّا لَهُمْ حٰفِظِيْنَ ﴿٨٢﴾

ਸੀ ਅਤੇ ਹੋਰ ਵੀ ਕਈ ਕੰਮ ਕਰਦੇ ਸੀ, ਅਸੀਂ ਹੀ ਉਹਨਾਂ ਦੀ ਰਾਖੀ ਕਰਦੇ ਸੀ।

وَأَيُّوبَ إِذْ نَادَىٰ رَبَّهُ أَنِّي مَسَّنِيَ الضُّرُّ
وَأَنتَ أَرْحَمُ الرَّاحِمِينَ ٨٣

83. (ਹੇ ਨਬੀ ਸ:!) ਅੱਯੂਬ (ਨਬੀ) ਨੂੰ ਯਾਦ ਕਰੋ ਜਦੋਂ ਉਸ ਨੇ ਆਪਣੇ ਰੱਬ ਨੂੰ ਅਰਦਾਸ ਕੀਤੀ ਸੀ ਕਿ ਮੈਨੂੰ ਬੀਮਾਰੀ ਚਿੰਮੜ ਗਈ ਹੈ ਅਤੇ ਤੂੰ ਹੀ ਸਭ ਤੋਂ ਵੱਧ ਰਹਿਮ ਕਰਨ ਵਾਲਾ ਹੈ (ਮੈਨੂੰ ਬੀਮਾਰੀ ਤੋਂ ਬਚਾ)।

فَاسْتَجَبْنَا لَهُ فَكَشَفْنَا مَا بِهِ مِن ضُرٍّ
وَآتَيْنَاهُ أَهْلَهُ وَمِثْلَهُم مَّعَهُمْ رَحْمَةً
مِّنْ عِندِنَا وَذِكْرَىٰ لِلْعَابِدِينَ ٨٤

84. ਅਸੀਂ (ਉਸ ਦੀ ਅਰਦਾਸ ਕਬੂਲ ਕਰ ਲਈ ਅਤੇ ਜਿਹੜਾ ਉਸ ਨੂੰ ਰੋਗ ਸੀ ਉਹ ਦੂਰ ਕਰ ਦਿੱਤਾ ਅਤੇ ਉਸ ਨੂੰ ਔਲਾਦ ਬਖ਼ਸ਼ੀ, ਸਗੋਂ ਆਪਣੀਆਂ ਮਿਹਰਾਂ ਸਦਕੇ ਹੋਰ ਵੀ ਬਹੁਤ ਕੁੱਝ ਦਿੱਤਾ ਤਾਂ ਜੋ ਨੇਕ ਲੋਕ ਨਸੀਹਤ ਪ੍ਰਾਪਤ ਕਰਨ।

وَإِسْمَاعِيلَ وَإِدْرِيسَ وَذَا الْكِفْلِ ۖ
كُلٌّ مِّنَ الصَّابِرِينَ ٨٥

85. ਅਤੇ ਇਸਮਾਈਲ, ਇਦਰੀਸ ਤੇ ਜ਼ੁਲ-ਕਿਫ਼ਲ ਨੂੰ ਯਾਦ ਕਰੋ, ਇਹ ਸਾਰੇ (ਨਬੀ) ਸਬਰ ਕਰਨ ਵਾਲੇ ਸਨ।

وَأَدْخَلْنَاهُمْ فِي رَحْمَتِنَا ۖ إِنَّهُم مِّنَ الصَّالِحِينَ ٨٦

86. ਅਤੇ ਅਸੀਂ ਉਹਨਾਂ ਸਾਰੇ (ਨਬੀਆਂ) ਨੂੰ ਆਪਣੀ ਮਿਹਰਾਂ ਵਿਚ ਲੈ ਲਿਆ। ਨਿਰਸੰਦੇਹ, ਉਹ ਸਾਰੇ ਹੀ ਨੇਕ ਲੋਕ ਸਨ।

وَذَا النُّونِ إِذ ذَّهَبَ مُغَاضِبًا فَظَنَّ أَن لَّن
نَّقْدِرَ عَلَيْهِ فَنَادَىٰ فِي الظُّلُمَاتِ أَن لَّا إِلَٰهَ
إِلَّا أَنتَ سُبْحَانَكَ إِنِّي كُنتُ مِنَ الظَّالِمِينَ ٨٧

87. ਅਤੇ ਮੱਛੀ ਵਾਲੇ (ਯੂਨੁਸ) ਨੂੰ ਯਾਦ ਕਰੋ ਜਦੋਂ ਉਹ (ਕੌਮ ਤੋਂ) ਵਿਗੜ ਕੇ ਚਲਾ ਗਿਆ ਅਤੇ ਸਮਝਦਾ ਸੀ ਕਿ ਅਸੀਂ ਉਸ ਨੂੰ ਫੜ ਨਹੀਂ ਸਕਦੇ। ਅੰਤ ਉਸ ਨੇ ਸਾਨੂੰ ਹਨੇਰਿਆਂ ਵਿਚ (ਭਾਵ ਮੱਛੀ ਦੇ ਪੇਟ ਵਿੱਚੋਂ) ਅਰਦਾਸਾਂ ਕੀਤੀਆਂ ਕਿ ਤੇਰੇ (ਅੱਲਾਹ ਤੋਂ) ਛੁੱਟ ਹੋਰ ਕੋਈ ਇਸ਼ਟ ਨਹੀਂ, ਤੂੰ ਪਾਕ ਹੈਂ, ਅਸਲ ਵਿਚ ਮੈਂ ਹੀ ਜ਼ਾਲਮਾਂ ਵਿੱਚੋਂ ਹੋ ਗਿਆ ਹਾਂ।

88 ਅਸੀਂ ਉਸ (ਯੂਨਸ) ਦੀ ਅਰਦਾਸ ਮਨਜ਼ੂਰ ਕਰ ਲਈ ਅਤੇ ਉਸ ਨੂੰ ਕਸ਼ਟ (ਮੱਛੀ ਦੇ ਪੇਟ) ਤੋਂ ਛੁਟਕਾਰਾ ਦਿਲਾਇਆ। ਈਮਾਨ ਵਾਲਿਆਂ ਨੂੰ ਅਸੀਂ ਇਸੇ ਤਰ੍ਹਾਂ ਬਚਾਉਂਦੇ ਰਹਿੰਦੇ ਹਾਂ।

فَاسْتَجَبْنَا لَهٗ ۙ وَنَجَّيْنٰهُ مِنَ الْغَمِّ ؕ وَكَذٰلِكَ نُـنْجِى الْمُؤْمِنِيْنَ ﴿۸۸﴾

89. ਯਾਦ ਕਰੋ ਜ਼ਿਕਰੀਆ ਨੂੰ ਜਦੋਂ ਉਸ ਨੇ ਆਪਣੇ ਰੱਬ ਨੂੰ ਦੁਆ ਕੀਤੀ ਸੀ ਕਿ ਹੇ ਮੇਰੇ ਰੱਬਾ! ਮੈਨੂੰ ਇਕੱਲਿਆਂ ਨਾ ਛੱਡੀਂ, ਤੂੰ ਹੀ ਸਭ ਤੋਂ ਵੱਡਾ ਵਾਰਸ (ਰੱਖਵਾਲਾ) ਹੈਂ।

وَزَكَرِيَّاۤ اِذْ نَادٰى رَبَّهٗ رَبِّ لَا تَذَرْنِىْ فَرْدًا وَّاَنْتَ خَيْرُ الْوٰرِثِيْنَ ﴿۸۹﴾

90 ਅਸੀਂ ਉਸ (ਜ਼ਿਕਰੀਆ) ਦੀ ਦੁਆ ਕਬੂਲ ਕਰ ਲਈ ਅਤੇ ਉਸ ਨੂੰ ਯਾਹਯਾ (ਨਾਂ ਦਾ ਪੁੱਤਰ) ਬਖ਼ਸ਼ਿਆ। ਅਸੀਂ ਉਸ ਦੀ ਪਤਨੀ ਨੂੰ ਇਸ (ਔਲਾਦ) ਦੇ ਯੋਗ ਬਣਾ ਦਿੱਤਾ। ਇਹ ਦੋਵੇਂ (ਜ਼ਿਕਰੀਆ ਤੇ ਉਸ ਦੀ ਪਤਨੀ) ਭਲੇ ਕੰਮ ਕਰਨ ਵਿਚ ਛੇਤੀ ਕਰਦੇ ਸਨ ਅਤੇ ਸਾਨੂੰ ਆਸਾਂ ਨਾਲ ਅਤੇ ਡਰਦੇ ਹੋਏ ਪੁਕਾਰਦੇ ਸਨ ਅਤੇ ਸਾਡੇ ਅੱਗੇ ਨਿਮਰਤਾ ਸਹਿਤ ਝੁਕਦੇ ਸਨ।

فَاسْتَجَبْنَا لَهٗ ۙ وَوَهَبْنَا لَهٗ يَحْيٰى وَاَصْلَحْنَا لَهٗ زَوْجَهٗ ؕ اِنَّهُمْ كَانُوْا يُسٰرِعُوْنَ فِى الْخَيْرٰتِ وَيَدْعُوْنَنَا رَغَبًا وَّرَهَبًا ؕ وَكَانُوْا لَنَا خٰشِعِيْنَ ﴿۹۰﴾

91 ਅਤੇ ਉਸ ਪਾਕ ਪਵਿੱਤਰ ਇਸਤਰੀ ਨੂੰ ਯਾਦ ਕਰੋ ਜਿਸ ਨੇ ਆਪਣੀ ਇੱਜ਼ਤ ਆਬਰੂ ਦੀ ਰਾਖੀ ਕੀਤੀ ਸੀ। ਅਸੀਂ ਉਸ (ਪਵਿੱਤਰ ਜ਼ਨਾਨੀ ਮਰੀਅਮ) ਵਿਚ ਆਪਣੀ ਰੂਹ ਫੂਕੀ ਅਤੇ ਉਸ ਨੂੰ ਅਤੇ ਉਸ ਦੇ ਪੁੱਤਰ (ਈਸਾ) ਨੂੰ ਕੁੱਲ ਜਹਾਨ ਲਈ ਇਕ ਨਿਸ਼ਾਨੀ ਬਣਾ ਦਿੱਤਾ।

وَالَّتِىْۤ اَحْصَنَتْ فَرْجَهَا فَنَفَخْنَا فِيْهَا مِنْ رُّوْحِنَا وَجَعَلْنٰهَا وَابْنَهَاۤ اٰيَةً لِّلْعٰلَمِيْنَ ﴿۹۱﴾

92 ਹੇ ਲੋਕੋ! ਬੇਸ਼ੱਕ ਇਹ ਤੁਹਾਡਾ ਧਰਮ (ਇਸਲਾਮ) ਇਕ ਹੀ ਧਰਮ ਹੈ ਅਤੇ ਮੈਂ ਤੁਹਾਡਾ ਪਾਲਣਹਾਰ ਹਾਂ, ਸੋ ਤੁਸੀਂ ਮੇਰੀ ਹੀ ਬੰਦਗੀ ਕਰੋ।

اِنَّ هٰذِهٖۤ اُمَّتُكُمْ اُمَّةً وَّاحِدَةً ۖ وَّاَنَا رَبُّكُمْ فَاعْبُدُوْنِ ﴿۹۲﴾

93 ਅਤੇ ਜਿਨ੍ਹਾਂ ਲੋਕਾਂ ਨੇ ਆਪਣੇ ਧਰਮ ਵਿਚ ਫੁੱਟਾਂ ਪਾਈਆਂ ਹਨ ਉਹਨਾਂ ਸਭ ਨੇ ਆਉਣਾ ਤਾਂ ਮੇਰੇ ਹੀ ਕੋਲ ਹੈ।

وَتَقَطَّعُوْۤا اَمْرَهُمْ بَيْنَهُمْ ؕ كُلٌّ اِلَيْنَا رٰجِعُوْنَ ﴿۹۳﴾

94. ਸੋ ਜਿਹੜਾ ਵੀ ਕੋਈ ਨੇਕ ਅਮਲ ਕਰੇਗਾ, ਪਰ ਹੋਵੇ ਉਹ ਈਮਾਨ ਵਾਲਾ, ਉਸ ਦੇ ਕੰਮਾਂ ਦੀ ਨਾ ਕਦਰੀ ਨਹੀਂ ਹੋਵੇਗੀ, ਅਸੀਂ ਤਾਂ ਉਹਨਾਂ ਦੇ ਸਾਰੇ ਕੰਮਾਂ ਨੂੰ ਲਿਖ ਰਹੇ ਹਾਂ।

فَمَنْ يَعْمَلْ مِنَ الصّٰلِحٰتِ وَهُوَ مُؤْمِنٌ فَلَا كُفْرَانَ لِسَعْيِهٖ ۚ وَاِنَّا لَهٗ كٰتِبُوْنَ ﴿٩٤﴾

95. ਅਤੇ ਜਿਸ ਬਸਤੀ ਨੂੰ ਅਸਾਂ ਹਲਾਕ ਕਰ ਦਈਏ ਉਹ ਦੇ ਵਸਨੀਕ ਕਦੇ ਮੁੜ ਪਰਤ ਕੇ (ਸੰਸਾਰ ਵਿਚ) ਨਹੀਂ ਆਉਣਗੇ।

وَحَرٰمٌ عَلٰى قَرْيَةٍ اَهْلَكْنٰهَآ اَنَّهُمْ لَا يَرْجِعُوْنَ ﴿٩٥﴾

96. ਇੱਥੋਂ ਤੀਕ ਕਿ ਯਾਜੂਜ ਮਾਜੂਜ ਖੋਲ ਦਿੱਤੇ ਜਾਣਗੇ ਅਤੇ ਉਹ ਹਰ ਉੱਚਾਈ ਤੋਂ ਭਜਦੇ ਹੋਏ ਨਿੱਕਲ ਆਉਣਗੇ।[1]

حَتّٰىٓ اِذَا فُتِحَتْ يَاْجُوْجُ وَمَاْجُوْجُ وَهُمْ مِّنْ كُلِّ حَدَبٍ يَّنْسِلُوْنَ ﴿٩٦﴾

97. ਅਤੇ ਸੱਚਾ ਵਚਨ ਭਾਵ ਕਿਆਮਤ ਦਾ ਸਮਾਂ ਵੀ ਨੇੜੇ ਆ ਲੱਗੇਗਾ, ਤਦ ਕਾਫ਼ਿਰਾਂ ਦੀਆਂ ਅੱਖਾਂ (ਅਚਰਜ ਨਾਲ) ਖੁੱਲ੍ਹੀਆਂ ਦੀਆਂ ਖੁੱਲ੍ਹੀਆਂ ਰਹਿ ਜਾਣਗੀਆਂ (ਅਤੇ ਆਖਣਗੇ ਕਿ) ਅਫ਼ਸੋਸ ਸਾਡੇ ਮਾੜੇ ਭਾਗ ਅਸੀਂ ਇਸ ਦਿਨ ਨੂੰ ਭੁੱਲੇ ਬੈਠੇ ਸੀ, ਅਸੀਂ ਹੀ ਜ਼ਾਲਮ ਸਾਂ।

وَاقْتَرَبَ الْوَعْدُ الْحَقُّ فَاِذَا هِيَ شَاخِصَةٌ اَبْصَارُ الَّذِيْنَ كَفَرُوْا ۭ يٰوَيْلَنَا قَدْ كُنَّا فِيْ غَفْلَةٍ مِّنْ هٰذَا بَلْ كُنَّا ظٰلِمِيْنَ ﴿٩٧﴾

98. (ਹੇ ਕਾਫ਼ਿਰੋ! ਸੁਣੋ!) ਤੁਸੀਂ ਰੱਬ ਨੂੰ ਛੱਡ ਕੇ ਜਿਨ੍ਹਾਂ ਦੀ ਬੰਦਗੀ ਕਰਦੇ ਹੋ ਉਹ ਸਾਰੇ ਨਰਕ ਦਾ ਬਾਲਣ ਬਣਕੇ ਰਹਿਣਗੇ ਅਤੇ ਤੁਸੀਂ ਸਾਰੇ ਉਸ ਵਿਚ ਜਾਵੋਗੇ।[2]

اِنَّكُمْ وَمَا تَعْبُدُوْنَ مِنْ دُوْنِ اللّٰهِ حَصَبُ جَهَنَّمَ ۭ اَنْتُمْ لَهَا وٰرِدُوْنَ ﴿٩٨﴾

[1] ਵੇਖੋ ਸੂਰਤ ਅਲ-ਕਹਫ਼, ਹਾਸ਼ੀਆ ਆਇਤ 94/18.

[2] ਜਦੋਂ ਅੱਲਾਹ ਨੇ ਇਹ ਇਰਸ਼ਾਦ ਫ਼ਰਮਾਇਆ ਤਾਂ ਮੁਸ਼ਰੀਕੀਨ ਏ ਕੁਰੈਸ਼ ਬਹੁਤ ਖ਼ੁਸ਼ ਹੋਏ ਅਤੇ ਆਖਣ ਲੱਗੇ ਕਿ ਅਸੀਂ ਤਾਂ ਦੋਜ਼ਖ਼ ਵਿਚ ਆਪਣੇ ਈਸ਼ਟਾਂ ਨਾਲ ਹੋਵਾਂਗੇ। ਜਿਵੇਂ ਨਰਕ ਵਿਚ ਬੁਤ ਆਪਣੇ ਪੁਜਾਰੀਆਂ ਨਾਲ ਹੋਣਗੇ ਸੋ ਮਰੀਅਮ ਦਾ ਪੁੱਤਰ ਈਸਾ ਅਤੇ ਉਜ਼ੈਰ (ਅ:) ਨਰਕ ਵਿਚ ਆਪਣੇ ਪੁਜਾਰੀਆਂ ਨਾਲ ਹੋਣਗੇ, ਇਸ ਤਰ੍ਹਾਂ ਦੂਜੇ ਲੋਕ ਵੀ। ਸੋ ਅੱਲਾਹ ਨੇ ਇਸ ਸਮੱਸਿਆ ਦਾ ਹੱਲ ਅਤੇ ਮੁਸ਼ਰਿਕਾਂ ਦੇ ਦਾਵੇ ਦੀ ਨਖੇਧੀ ਲਈ ਕੁਰਆਨ ਦੀ ਆਇਤ 101/21 ਨਾਜ਼ਿਲ ਫ਼ਰਮਾਈ ਕਿ ਬੇਸ਼ੱਕ ਜਿਨ੍ਹਾਂ ਲੋਕਾਂ ਲਈ ਸਾਡੇ ਵੱਲੋਂ ਪਹਿਲਾ ਤੋਂ ਹੀ ਨੇਕੀ ਮੁਕੱਦਰ ਬਣ ਚੁੱਕੀ ਹੈ ਉਹ ਜ਼ਰੂਰ ਹੀ ਨਰਕ ਤੋਂ ਦੂਰ ਰੱਖੇ ਜਾਣਗੇ।

لَوْ كَانَ هَٰؤُلَاءِ آلِهَةً مَّا وَرَدُوهَا ۖ
وَكُلٌّ فِيهَا خَالِدُونَ ﴿٩٩﴾

99. ਜੇਕਰ ਇਹ ਅਸਲੀ ਇਸ਼ਟ ਹੁੰਦੇ ਤਾਂ ਉਸ ਨਰਕ ਵਿਚ ਕਿਉਂ ਜਾਂਦੇ? ਜਦ ਕਿ ਇਹ ਸਾਰੇ ਇਸ (ਨਰਕ) ਵਿਚ ਸਦਾ ਲਈ ਰਹਿਣਗੇ।

لَهُمْ فِيهَا زَفِيرٌ وَهُمْ فِيهَا لَا يَسْمَعُونَ ﴿١٠٠﴾

100. ਉੱਥੇ ਇਹ ਸਾਰੇ ਚੂਕਾਂ ਮਾਰਣਗੇ, ਪਰ ਉੱਥੇ ਉਹਨਾਂ ਨੂੰ ਸੁਣਨ ਵਾਲਾ ਕੋਈ ਨਹੀਂ ਹੋਵੇਗਾ।[1]

إِنَّ الَّذِينَ سَبَقَتْ لَهُم مِّنَّا الْحُسْنَىٰ
أُولَٰئِكَ عَنْهَا مُبْعَدُونَ ﴿١٠١﴾

101. ਪਰੰਤੂ ਉਹ ਲੋਕ ਜਿਨ੍ਹਾਂ ਲਈ ਪਹਿਲਾਂ ਹੀ ਅਸੀਂ ਨੇਕੀ ਦਾ ਫ਼ੈਸਲਾ ਕਰ ਚੁੱਕੇ ਹਾਂ ਉਹ ਸਾਰੇ ਨਰਕ ਤੋਂ ਦੂਰ ਹੀ ਰਹਿਣਗੇ।

لَا يَسْمَعُونَ حَسِيسَهَا ۖ وَهُمْ فِي مَا اشْتَهَتْ
أَنفُسُهُمْ خَالِدُونَ ﴿١٠٢﴾

102 ਉਹ ਉਸ (ਨਰਕ) ਦੀ ਭਿਣਕ ਵੀ ਨਹੀਂ ਸੁਣਨਗੇ ਅਤੇ ਸਦਾ ਲਈ ਆਪਣੀਆਂ ਮਨ ਭਾਉਂਦੀਆਂ ਨਿਆਮਤਾਂ (ਜੰਨਤ) ਵਿਚ ਰਹਿਣਗੇ।

لَا يَحْزُنُهُمُ الْفَزَعُ الْأَكْبَرُ وَتَتَلَقَّاهُمُ
الْمَلَائِكَةُ هَٰذَا يَوْمُكُمُ الَّذِي كُنتُمْ تُوعَدُونَ ﴿١٠٣﴾

103. ਉਹ ਅਤਿਅੰਤ ਘਬਰਾਹਟ ਵਾਲਾ ਵੇਲਾ ਵੀ ਉਹਨਾਂ ਨੂੰ ਗ਼ਮਗੀਨ ਨਹੀਂ ਕਰੇਗਾ ਅਤੇ ਫ਼ਰਿਸ਼ਤੇ ਉਹਨਾਂ ਨੂੰ ਇਹ ਆਖਦੇ ਹੋਏ ਮਿਲਣਗੇ ਕਿ ਇਹੋ ਤੁਹਾਡਾ ਉਹ ਵੇਲਾ ਹੈ ਜਿਸ ਦਾ ਵਾਅਦਾ ਤੁਹਾਡੇ ਨਾਲ ਕੀਤਾ ਗਿਆ ਸੀ।

يَوْمَ نَطْوِي السَّمَاءَ كَطَيِّ السِّجِلِّ لِلْكُتُبِ ۚ
كَمَا بَدَأْنَا أَوَّلَ خَلْقٍ نُّعِيدُهُ ۚ وَعْدًا عَلَيْنَا ۚ
إِنَّا كُنَّا فَاعِلِينَ ﴿١٠٤﴾

104 ਉਸ (ਕਿਆਮਤ ਵਾਲੇ) ਦਿਨ ਅਸੀਂ ਅਕਾਸ਼ ਨੂੰ ਲਿਖੇ ਹੋਏ ਕਾਗਜ਼ ਵਾਂਗ ਵਲ੍ਹੇਟ ਕੇ ਰੱਖ ਦਿਆਂਗੇ। ਜਿਵੇਂ ਅਸੀਂ ਸ੍ਰਿਸ਼ਟੀ ਨੂੰ ਪਹਿਲੀ ਵਾਰ ਪੈਦਾ ਕੀਤਾ ਸੀ ਇੰਜ ਹੀ ਮੁੜ ਫੇਰ (ਪੈਦਾ) ਕਰਾਂਗੇ। ਇਹ ਸਾਡੇ ਵੱਲੋਂ ਵਾਅਦਾ ਹੈ ਅਤੇ ਅਸੀਂ ਇਸ ਨੂੰ ਜ਼ਰੂਰ ਹੀ ਪੂਰਾ ਕਰਾਂਗੇ।

---

[1] ਜਦੋਂ ਹਜ਼ਰਤ ਇਬਨੇ ਮਸਊਦ ਨੇ ਇਹ ਆਇਤ ਤਲਾਵਤ ਕੀਤੀ ਅਤੇ ਆਖਿਆ ਕਿ ਜਦੋਂ ਉਹ ਲੋਕ ਜਿਨ੍ਹਾਂ ਦੇ ਮੁਕੱਦਰ ਵਿਚ ਨਰਕ ਲਿਖੀ ਜਾ ਚੁੱਕੀ ਹੈ ਕਿ ਉਹ ਸਦਾ ਹੀ ਉੱਥੇ ਰਹਿਣਗੇ ਅਤੇ ਨਰਕ ਵਿਚ ਸੁੱਟ ਦਿੱਤੇ ਜਾਣਗੇ ਤਾਂ ਇਹਨਾਂ ਵਿੱਚੋਂ ਹਰ ਇਕ ਨੂੰ ਵੱਖ ਵੱਖ ਅੱਗ ਦੇ ਸੰਦੂਕ ਵਿਚ ਸੁੱਟ ਦਿੱਤਾ ਜਾਵੇਗਾ ਅਤੇ ਉਹ ਦੇਖ ਨਾ ਸਕਣਗੇ ਕਿ ਉਸ ਤੋਂ ਛੁੱਟ ਕਿਸੇ ਹੋਰ ਨੂੰ ਵੀ ਨਰਕ ਦੀ ਸਜ਼ਾ ਦਿੱਤੀ ਗਈ ਹੈ। ਫੇਰ ਇਬਨੇ ਮਸਊਦ ਨੇ ਇਹ ਆਇਤ ਤਲਾਵਤ ਕੀਤੀ। (ਇਬਨੇ ਕਸੀਰ, ਅਤ-ਤਿਬਰੀ, ਅਲ-ਕੁਰਤਬੀ)

105. ਜ਼ਬੂਰ ਵਿਚ ਅਸੀਂ ਨਸੀਹਤਾਂ ਮਗਰੋਂ ਇਹ ਲਿਖ ਚੁੱਕੇ ਹਾਂ ਕਿ ਧਰਤੀ ਦੇ ਵਾਰਸ ਮੇਰੇ ਨੇਕ ਬੰਦੇ ਹੀ ਹੋਣਗੇ।

وَلَقَدْ كَتَبْنَا فِي الزَّبُورِ مِنْ بَعْدِ الذِّكْرِ أَنَّ الْأَرْضَ يَرِثُهَا عِبَادِيَ الصَّالِحُونَ ﴿١٠٥﴾

106 ਸਾਡੀ ਬੰਦਗੀ ਕਰਨ ਵਾਲਿਆਂ ਲਈ ਤਾਂ ਇਸ ਵਿਚ ਇਕ ਅਹਿਮ ਪੈਗ਼ਾਮ ਹੈ।

إِنَّ فِي هَٰذَا لَبَلَاغًا لِقَوْمٍ عَابِدِينَ ﴿١٠٦﴾

107 (ਹੇ ਮੁਹੰਮਦ ਸ:!) ਅਸੀਂ ਤੁਹਾਨੂੰ ਸਾਰੇ ਜਹਾਨ ਵਾਲਿਆਂ ਲਈ ਰਹਿਮਤ ਬਣਾ ਕੇ ਭੇਜਿਆ ਹੈ।

وَمَا أَرْسَلْنَاكَ إِلَّا رَحْمَةً لِلْعَالَمِينَ ﴿١٠٧﴾

108 ਹੇ ਨਬੀ! ਤੁਸੀਂ ਆਖ ਦਿਓ ਕਿ ਮੇਰੇ ਕੋਲ ਤਾਂ ਕੇਵਲ ਇਹੋ ਵਹੀ ਆਉਂਦੀ ਹੈ ਕਿ ਤੁਹਾਡਾ ਸਾਰਿਆਂ ਦਾ ਇਸ਼ਟ ਇਕ (ਅੱਲਾਹ) ਹੀ ਹੈ। ਕੀ ਤੁਸੀਂ ਮੁਸਲਮਾਨ ਹੋ?

قُلْ إِنَّمَا يُوحَىٰ إِلَيَّ أَنَّمَا إِلَٰهُكُمْ إِلَٰهٌ وَاحِدٌ ۖ فَهَلْ أَنْتُمْ مُسْلِمُونَ ﴿١٠٨﴾

109 ਜੇ ਫੇਰ ਵੀ ਇਹ ਲੋਕ ਮੂੰਹ ਮੋੜ ਲੈਣ ਤਾਂ ਆਖ ਦਿਓ ਕਿ ਮੈਂਨੇ ਤਾਂ ਤੁਹਾਨੂੰ ਖੁੱਲ੍ਹੀ ਚਿਤਾਵਨੀ ਦੇ ਛੱਡੀ ਹੈ। ਮੈਨੂੰ ਉੱਕਾ ਹੀ ਗਿਆਨ ਨਹੀਂ ਕਿ ਜਿਸ ਗੱਲ (ਕਿਆਮਤ) ਦਾ ਤੁਹਾਡੇ ਨਾਲ ਵਾਅਦਾ ਕੀਤਾ ਜਾ ਰਿਹਾ ਹੈ, ਕੀ ਉਹ ਦੂਰ ਹੈ ਜਾਂ ਨੇੜੇ?

فَإِنْ تَوَلَّوْا فَقُلْ آذَنْتُكُمْ عَلَىٰ سَوَاءٍ ۖ وَإِنْ أَدْرِي أَقَرِيبٌ أَمْ بَعِيدٌ مَا تُوعَدُونَ ﴿١٠٩﴾

110 ਬੇਸ਼ੱਕ ਅੱਲਾਹ ਸਪਸ਼ਟ ਅਤੇ ਖੁੱਲ੍ਹੀਆਂ ਗੱਲਾਂ ਨੂੰ ਵੀ ਜਾਣਦਾ ਹੈ ਅਤੇ ਜੋ ਤੁਸੀਂ ਗੁਪਤ ਰੱਖਦੇ ਹੋ ਉਸ ਨੂੰ ਵੀ ਜਾਣਦਾ ਹੈ।

إِنَّهُ يَعْلَمُ الْجَهْرَ مِنَ الْقَوْلِ وَيَعْلَمُ مَا تَكْتُمُونَ ﴿١١٠﴾

111 ਮੈਨੂੰ ਇਸ ਦਾ ਕੁੱਝ ਵੀ ਗਿਆਨ ਨਹੀਂ, ਹੋ ਸਕਦਾ ਹੈ ਕਿ ਇਹ (ਅਜ਼ਾਬ ਵਿਚ ਦੇਰੀ) ਤੁਹਾਨੂੰ ਪਰਖਣ ਲਈ ਅਤੇ ਇਕ ਮਿਥੇ ਸਮੇਂ ਲਈ ਤੁਹਾਨੂੰ (ਜੀਵਨ ਦਾ) ਆਨੰਦ ਮਾਨਣ ਲਈ ਹੋਵੇ।

وَإِنْ أَدْرِي لَعَلَّهُ فِتْنَةٌ لَكُمْ وَمَتَاعٌ إِلَىٰ حِينٍ ﴿١١١﴾

112 (ਨਬੀ ਨੇ ਕਿਹਾ) ਹੇ ਮੇਰੇ ਰੱਬ! ਇਨਸਾਫ਼ ਨਾਲ ਫ਼ੈਸਲਾ ਕਰ। ਸਾਡਾ ਰੱਬ ਸਾਡੇ ਲਈ ਅਤਿਅੰਤ ਮਿਹਰਬਾਨ ਹੈ। (ਹੇ ਕਾਫ਼ਿਰੋ!) ਜਿਹੜੀਆਂ ਗੱਲਾਂ ਤੁਸੀਂ ਕਰਦੇ ਹੋ ਉਹਨਾਂ ਲਈ ਉਹੀ ਮਦਦ ਮੰਗਣ ਦੇ ਯੋਗ ਹੈ।

قَالَ رَبِّ احْكُمْ بِالْحَقِّ ۗ وَرَبُّنَا الرَّحْمَٰنُ الْمُسْتَعَانُ عَلَىٰ مَا تَصِفُونَ ﴿١١٢﴾

22. ਸੂਰਤ ਅਲ-ਹੱਜ (ਮਦਨੀ-103)

سُورَةُ الحَجِّ

(ਆਇਤਾਂ 78, ਰੁਕੂਅ 10)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1 ਹੇ ਲੋਕੋ! ਆਪਣੇ ਰੱਬ ਤੋਂ ਡਰੋ। ਨਿਰਸੰਦੇਹ, ਕ਼ਿਆਮਤ ਦਾ ਭੁਚਾਲ ਬਹੁਤ ਹੀ ਵੱਡੀ (ਡਰਾਉਣ ਵਾਲੀ) ਚੀਜ਼ ਹੈ।

يَا أَيُّهَا النَّاسُ اتَّقُوا رَبَّكُمْ إِنَّ زَلْزَلَةَ السَّاعَةِ شَيْءٌ عَظِيمٌ

2 ਜਿਸ ਦਿਨ ਤੁਸੀਂ ਵੇਖੋਗੇ ਕਿ ਹਰ ਦੁੱਧ ਪਿਆਉਣ ਵਾਲੀ ਆਪਣੇ ਦੁੱਧ ਪੀਂਦੇ ਬੱਚੇ ਨੂੰ ਭੁੱਲ ਜਾਵੇਗੀ ਅਤੇ ਗਰਭਵਤੀਆਂ ਗਰਭਪਾਤ ਹੋ ਜਾਣਗੀਆਂ ਅਤੇ ਤੁਸੀਂ ਲੋਕਾਂ ਨੂੰ ਨਸ਼ੇ ਵਿਚ ਮਦਹੋਸ਼ ਵੇਖੋਗੇ ਜਦੋਂ ਕਿ ਉਹ ਨਸ਼ੇ ਵਿਚ ਨਹੀਂ ਹੋਣਗੇ, ਪਰੰਤੂ ਅੱਲਾਹ ਦਾ ਅਜ਼ਾਬ ਬੜਾ ਹੀ ਕਰੜਾ ਹੋਵੇਗਾ।

يَوْمَ تَرَوْنَهَا تَذْهَلُ كُلُّ مُرْضِعَةٍ عَمَّا أَرْضَعَتْ وَتَضَعُ كُلُّ ذَاتِ حَمْلٍ حَمْلَهَا وَتَرَى النَّاسَ سُكَارَىٰ وَمَا هُمْ بِسُكَارَىٰ وَلَٰكِنَّ عَذَابَ اللَّهِ شَدِيدٌ

3 ਕੁੱਝ ਲੋਕੀ ਉਹ ਵੀ ਹਨ ਜਿਹੜੇ ਅੱਲਾਹ ਬਾਰੇ ਬਿਨਾਂ ਗਿਆਨ ਤੋਂ ਬਹਿਸਾਂ (ਵਾਦ-ਵਿਵਾਦ) ਕਰਦੇ ਹਨ ਅਤੇ ਹਰ ਬਾਗ਼ੀ ਸ਼ੈਤਾਨ ਦੇ ਪਿੱਛੇ ਲਗ ਜਾਂਦੇ ਹਨ।

وَمِنَ النَّاسِ مَنْ يُجَادِلُ فِي اللَّهِ بِغَيْرِ عِلْمٍ وَيَتَّبِعُ كُلَّ شَيْطَانٍ مَرِيدٍ

4. ਅਜਿਹੇ ਲੋਕਾਂ ਲਈ ਲਿਖ ਦਿੱਤਾ ਗਿਆ ਹੈ ਕਿ ਜੇ ਕੋਈ ਉਹਨਾਂ ਲੋਕਾਂ ਦਾ ਸਾਥ ਦੇਵੇਗਾ ਉਹ (ਸ਼ੈਤਾਨ) ਉਸ ਨੂੰ ਗੁਮਰਾਹ ਕਰ ਦੇਵੇਗਾ ਅਤੇ ਉਸ ਨੂੰ ਅੱਗ ਦੇ ਅਜ਼ਾਬ (ਨਰਕ) ਵੱਲ ਲੈ ਜਾਵੇਗਾ।

كُتِبَ عَلَيْهِ أَنَّهُ مَنْ تَوَلَّاهُ فَأَنَّهُ يُضِلُّهُ وَيَهْدِيهِ إِلَىٰ عَذَابِ السَّعِيرِ

يَٰٓأَيُّهَا ٱلنَّاسُ إِن كُنتُمۡ فِي رَيۡبٖ مِّنَ ٱلۡبَعۡثِ
فَإِنَّا خَلَقۡنَٰكُم مِّن تُرَابٖ ثُمَّ مِن نُّطۡفَةٖ ثُمَّ
مِنۡ عَلَقَةٖ ثُمَّ مِن مُّضۡغَةٖ مُّخَلَّقَةٖ وَغَيۡرِ
مُخَلَّقَةٖ لِّنُبَيِّنَ لَكُمۡۚ وَنُقِرُّ فِي ٱلۡأَرۡحَامِ
مَا نَشَآءُ إِلَىٰٓ أَجَلٖ مُّسَمّٗى ثُمَّ نُخۡرِجُكُمۡ طِفۡلٗا
ثُمَّ لِتَبۡلُغُوٓاْ أَشُدَّكُمۡۖ وَمِنكُم مَّن يُتَوَفَّىٰ
وَمِنكُم مَّن يُرَدُّ إِلَىٰٓ أَرۡذَلِ ٱلۡعُمُرِ لِكَيۡلَا
يَعۡلَمَ مِنۢ بَعۡدِ عِلۡمٖ شَيۡـٔٗاۚ وَتَرَى ٱلۡأَرۡضَ
هَامِدَةٗ فَإِذَآ أَنزَلۡنَا عَلَيۡهَا ٱلۡمَآءَ ٱهۡتَزَّتۡ
وَرَبَتۡ وَأَنۢبَتَتۡ مِن كُلِّ زَوۡجِۭ بَهِيجٖ ٥

5. ਹੇ ਲੋਕੋ! ਜੇ ਤੁਹਾਨੂੰ ਮਰਨ ਮਗਰੋਂ ਮੁੜ ਜੀਵਿਤ ਹੋਣ ਬਾਰੇ ਕੋਈ ਸ਼ੱਕ ਹੈ ਤਾਂ ਤੁਹਾਨੂੰ ਪਤਾ ਹੋਣਾ ਚਾਹੀਦਾ ਹੈ ਕਿ ਬੇਸ਼ੱਕ ਅਸੀਂ (ਆਰੰਭ ਵਿਚ) ਤੁਹਾਨੂੰ ਮਿੱਟੀ ਤੋਂ ਸਾਜਿਆ ਹੈ ਫੇਰ ਵੀਰਜ ਤੋਂ, ਫੇਰ ਜੰਮੇ ਹੋਏ ਖ਼ੂਨ ਤੋਂ, ਫੇਰ ਮਾਸ ਦੀ ਬੋਟੀ ਤੋਂ ਜਿਹੜਾ ਰੂਪਮਾਨ ਵੀ ਹੁੰਦੀ ਹੈ ਤੇ ਰੂਪਹੀਣ ਵੀ (ਇਹ ਅਸੀਂ ਇਸ ਲਈ ਦੱਸ ਰਹੇ ਹਾਂ) ਤਾਂ ਜੋ ਅਸੀਂ ਤੁਹਾਡੇ 'ਤੇ (ਆਪਣੀ ਕੁਦਰਤ) ਸਪਸ਼ਟ ਕਰ ਦਈਏ। ਅਸੀਂ ਜਿਸ (ਵੀਰਜ) ਨੂੰ ਵੀ ਚਾਹੀਏ ਇਕ ਮਿਥੇ ਹੋਏ ਸਮੇਂ ਲਈ ਗਰਭਾਂ ਵਿਚ ਰੱਖਦੇ ਹਾਂ ਫੇਰ ਤੁਹਾਨੂੰ ਇਕ ਬੱਚੇ ਦੇ ਰੂਪ ਵਿਚ ਕੱਢ ਲਿਆਉਂਦੇ ਹਾਂ ਤਾਂ ਜੋ ਤੁਸੀਂ ਆਪਣੀ ਜਵਾਨੀ ਨੂੰ ਪੁੱਜੋ। ਤੁਹਾਡੇ ਵਿੱਚੋਂ ਕੁੱਝ ਨੂੰ (ਬੁਢਾਪੇ ਤੋਂ ਪਹਿਲਾਂ ਹੀ) ਵਾਪਸ ਬੁਲਾ ਲਿਆ ਜਾਂਦਾ ਹੈ ਅਤੇ ਕੁੱਝ ਅਤਿ ਭੈੜੀ ਉਮਰ (ਬੁਢਾਪੇ) ਵੱਲ ਫੇਰ ਦਿੱਤੇ ਜਾਂਦੇ ਹਨ ਕਿ ਉਹ ਜਾਣਦੇ ਹੋਏ ਵੀ ਕੁੱਝ ਨਹੀਂ ਜਾਣਦੇ ਹੁੰਦੇ। (ਇਸੇ ਪ੍ਰਕਾਰ) ਤੁਸੀਂ ਵੇਖਦੇ ਹੋ ਕਿ ਧਰਤੀ ਬੰਜਰ ਤੇ ਸੁੱਕੀ ਪਈ ਹੈ। ਫੇਰ ਜਦੋਂ ਅਸੀਂ ਉਸ (ਧਰਤੀ) 'ਤੇ ਮੀਂਹ

---

[1] ਹਦੀਸ ਤੋਂ ਵੀ ਇਸ ਦੀ ਪੁਸ਼ਟੀ ਹੁੰਦੀ ਹੈ ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਤੁਹਾਡੇ ਵਿੱਚੋਂ ਹਰ ਵਿਅਕਤੀ ਆਪਣੀ ਮਾਂ ਦੇ ਗਰਭ ਵਿਚ ਪਹਿਲਾਂ 40 ਦਿਨ ਤੱਕ ਵਿਰਜ ਦੇ ਰੂਪ ਵਿਚ ਰਹਿੰਦਾ ਹੈ ਫੇਰ ਉਹ 40 ਦਿਨ ਤੱਕ ਜੰਮੇ ਹੋਏ ਖ਼ੂਨ ਦਾ ਰੂਪ ਲੈ ਲੈਂਦਾ ਹੈ। ਫੇਰ ਉਹ 40 ਦਿਨ ਤੱਕ ਗੋਸ਼ਤ ਦਾ ਲੋਥੜਾ ਬਣ ਕੇ ਰਹਿੰਦਾ ਹੈ ਫੇਰ ਅੱਲਾਹ ਉਸ ਵੱਲ ਇਕ ਫ਼ਰਿਸ਼ਤਾ ਭੇਜਦਾ ਹੈ ਕਿ ਉਹ ਉਸ ਦੇ ਲਈ ਚਾਰ ਗੱਲਾਂ ਲਿਖ ਦੇਵੇ ਸੋ ਉਹ ਉਸ ਦੇ ਕਰਮ, ਉਸ ਦੀ ਮੌਤ ਦਾ ਸਮਾਂ ਉਸ ਦਾ ਰਿਜ਼ਕ ਅਤੇ ਇਹ ਕਿ ਉਹ ਭਾਗਾਂਵਾਲਾ ਹੈ ਜਾਂ ਮੰਦਭਾਗਾ ਲਿਖ ਦਿੰਦਾ ਹੈ। ਫੇਰ ਉਸ ਦੇ ਸਰੀਰ ਵਿਚ ਆਤਮਾਂ ਪਾਈ ਜਾਂਦੀ ਹੈ, ਇਸੇ ਲਈ ਕੋਈ ਆਦਮੀ ਨਰਕੀਆਂ ਜਿਹੇ ਕੰਮ ਕਰਦਾ ਰਹਿੰਦਾ ਹੈ ਇੱਥੋਂ ਤੱਕ ਕਿ ਉਸ ਦੇ ਅਤੇ ਨਰਕ ਵਿਚਾਲੇ ਇਕ ਹੱਥ ਜਿੰਨੀ ਦੂਰੀ ਰਹਿ ਜਾਂਦੀ ਹੈ। ਪਰ ਉਸ ਦੇ ਮੁਕੱਦਰ ਵਿਚ ਲਿਖਿਆ ਹੋਇਆ ਭਾਰੂ ਹੋ ਜਾਂਦਾ ਹੈ ਅਤੇ ਉਹ ਜੰਨਤੀਆਂ ਵਰਗੇ ਕੰਮ ਕਰਕੇ ਜੰਨਤ ਵਿਚ ਚਲਿਆ ਜਾਂਦਾ ਹੈ। ਇੰਜ ਹੀ ਇਕ ਵਿਅਕਤੀ ਜੰਨਤੀ ਜਿਹੇ ਕੰਮ ਕਰਦਾ ਰਹਿੰਦਾ ਹੈ ਕਿ ਉਸ ਦੇ ਅਤੇ ਜੰਨਤ ਵਿਚਾਲੇ ਇਕ ਹੱਥ ਦੀ ਦੂਰੀ ਰਹਿ ਜਾਂਦੀ ਹੈ ਪਰ ਉਸ ਉੱਤੇ ਮੁਕੱਦਰ ਭਾਰੂ ਹੋ ਜਾਂਦਾ ਹੈ ਅਤੇ ਉਹ ਨਰਕੀਆਂ ਜਿਹੇ ਕੰਮ ਕਰਨ ਲੱਗ ਜਾਂਦਾ ਹੈ ਅਤੇ ਨਰਕ ਵਿਚ ਚਲਿਆ ਜਾਂਦਾ ਹੈ। (ਸਹੀ ਬੁਖ਼ਾਰੀ, ਹਦੀਸ 3332)

ਬਰਸਾਉਂਦੇ ਹਾਂ ਤਾਂ ਉਹ ਉਪਜਾਊ ਹੋ ਜਾਂਦੀ ਹੈ ਅਤੇ ਉਸ ਵਿਚ ਹਰੇਕ ਤਰ੍ਹਾਂ ਦੀ ਸੋਹਣੀ ਦਿਸਣ ਵਾਲੀ ਬਨਸਪਤੀ ਉੱਗਦੀ ਜਾਂਦੀ ਹੈ।

ذٰلِكَ بِاَنَّ اللّٰهَ هُوَ الْحَقُّ وَاَنَّهٗ يُحْيِ الْمَوْتٰى
وَاَنَّهٗ عَلٰى كُلِّ شَيْءٍ قَدِيْرٌ ۙ

6 (ਇਹ ਸਭ) ਇਸ ਲਈ ਵਰਣਨ ਕੀਤਾ ਜਾ ਰਿਹਾ ਹੈ (ਤਾਂ ਜੋ ਤੁਸੀਂ ਜਾਣ ਲਓ) ਕਿ ਬੇਸ਼ੱਕ ਅੱਲਾਹ ਹੀ ਹੱਕ (ਸੱਤਿ) ਹੈ, ਬੇਸ਼ੱਕ ਉਹੀ ਮੁਰਦਿਆਂ ਨੂੰ ਜਿਊਂਦਾ ਕਰਦਾ ਹੈ ਅਤੇ ਉਹ ਹਰੇਕ ਸ਼ੈਅ ਉੱਤੇ ਕੁਦਰਤ ਰੱਖਦਾ ਹੈ।

وَّاَنَّ السَّاعَةَ اٰتِيَةٌ لَّا رَيْبَ فِيْهَا ۙ وَاَنَّ اللّٰهَ
يَبْعَثُ مَنْ فِي الْقُبُوْرِ

7. ਨਿਰਸੰਦੇਹ, ਕਿਆਮਤ ਆਉਣ ਵਾਲੀ ਹੈ, ਇਸ ਦੇ ਆਉਣ ਵਿਚ ਕੋਈ ਸ਼ੱਕ ਨਹੀਂ ਅਤੇ ਅੱਲਾਹ ਕਬਰਾਂ ਵਾਲਿਆਂ (ਭਾਵ ਮੁਰਦਿਆਂ) ਨੂੰ ਜ਼ਰੂਰ ਉਠਾਵੇਗਾ।

وَمِنَ النَّاسِ مَنْ يُّجَادِلُ فِي اللّٰهِ بِغَيْرِ
عِلْمٍ وَّلَا هُدًى وَّلَا كِتٰبٍ مُّنِيْرٍ ۙ

8 ਕੁੱਝ ਲੋਕ ਉਹ ਵੀ ਹਨ ਜਿਹੜੇ ਅੱਲਾਹ ਪ੍ਰਤੀ ਬਿਨਾਂ ਕਿਸੇ ਗਿਆਨ, ਬਿਨਾਂ ਕਿਸੇ ਹਿਦਾਇਤ ਅਤੇ ਬਿਨਾਂ ਰਾਹ ਵਿਖਾਉਣ ਵਾਲੀ ਕਿਤਾਬ ਤੋਂ ਵਾਦ ਵਿਵਾਦ ਕਰਦੇ ਹਨ।

ثَانِيَ عِطْفِهٖ لِيُضِلَّ عَنْ سَبِيْلِ اللّٰهِ ۗ
لَهٗ فِي الدُّنْيَا خِزْيٌ وَّنُذِيْقُهٗ يَوْمَ
الْقِيٰمَةِ عَذَابَ الْحَرِيْقِ ۝

9. ਜਿਹੜਾ ਘਮੰਡ[1] ਵਿਚ ਆ ਕੇ ਹੱਕ ਦੀ ਅਣ-ਦੇਖੀ ਕਰੇ ਤਾਂ ਜੋ (ਲੋਕਾਂ ਨੂੰ) ਅੱਲਾਹ ਦੀ ਰਾਹ ਤੋਂ ਕੁਰਾਹੇ ਪਾਵੇ, ਉਸ ਨੂੰ ਇਸ ਦੁਨੀਆਂ ਵਿਚ ਵੀ ਰੁਸਵਾਈ ਮਿਲੇਗੀ ਅਤੇ ਕਿਆਮਤ ਵਾਲੇ ਦਿਨ ਅਸੀਂ ਉਸ ਨੂੰ ਨਰਕ ਵਿਚ ਜਲਣ ਦਾ ਸੁਆਦ ਚਖਾਵਾਂਗੇ।

---

[1] ਇਸ ਤੋਂ ਭਾਵ ਤਕੱਬੁਰ ਜਾਂ ਘਮੰਡ ਦਾ ਪ੍ਰਗਟਾਵਾ ਕਰਨਾ ਹੈ ਜੋ ਕਿ ਅੱਲਾਹ ਨੂੰ ਨਾ ਪਸੰਦ ਹੈ। ਹਦੀਸ ਵਿਚ ਨਬੀ (ਸ:) ਨੇ ਫ਼ਰਮਾਇਆ ਕਿ ਜਿਸ ਵਿਅਕਤੀ ਦੇ ਦਿਲ ਵਿਚ ਰਤਾ ਭਰ ਵੀ ਵਡਿਆਈ ਹੋਵੇਗੀ ਉਹ ਜੰਨਤ ਵਿਚ ਨਹੀਂ ਜਾਵੇਗਾ। ਇਕ ਸਹਾਬੀ ਨੇ ਪੁੱਛਿਆ ਕਿ ਇਕ ਵਿਅਕਤੀ ਚਾਹੁੰਦਾ ਹੈ ਕਿ ਉਸ ਦਾ ਲਿਬਾਸ ਤੇ ਜੁੱਤੇ ਵਧੀਆ ਹੋਣ ਤਾਂ ਕੀ ਇਹ ਵੀ ਤਕੱਬਰ ਹੈ ਆਪ (ਸ:) ਨੇ ਫ਼ਰਮਾਇਆ ਕਿ ਅੱਲਾਹ ਸੋਹਣਾ ਹੈ ਅਤੇ ਸੋਹਣੀਆਂ ਚੀਜ਼ਾਂ ਨੂੰ ਹੀ ਪਸੰਦ ਕਰਦਾ ਹੈ। ਤਕੱਬਰ ਤਾਂ ਇਹ ਹੈ ਕਿ ਆਦਮੀ ਹੱਕ ਸੱਚ ਤੋਂ ਕੰਨੀ ਕਤਰਾਵੇ ਅਤੇ ਦੂਜਿਆਂ ਨੂੰ ਹੀਣਾ ਸਮਝੇ। (ਸਹੀ ਮੁਸਲਿਮ, ਹਦੀਸ: 91)

ذٰلِكَ بِمَا قَدَّمَتْ يَدَاكَ وَأَنَّ اللّٰهَ لَيْسَ
بِظَلَّامٍ لِّلْعَبِيْدِ ﴿١٠﴾

10. (ਕਿਹਾ ਜਾਵੇਗਾ ਕਿ) ਇਹ (ਅਜ਼ਾਬ) ਉਸ (ਦੀਆਂ ਕਰਤੂਤਾਂ) ਦੇ ਬਦਲੇ ਵਿਚ ਹੈ, ਜਿਹੜਾ ਉਸ ਨੇ ਆਪਣੇ ਹੱਥੀਂ ਅੱਗੇ ਭੇਜਿਆ ਹੈ। ਸੱਚ ਜਾਣੋ ਕਿ ਅੱਲਾਹ ਆਪਣੇ ਬੰਦਿਆਂ ਉੱਤੇ ਜ਼ੁਲਮ ਕਰਨ ਵਾਲਾ ਨਹੀਂ।

وَمِنَ النَّاسِ مَنْ يَّعْبُدُ اللّٰهَ عَلٰى حَرْفٍ ۚ فَإِنْ
أَصَابَهٗ خَيْرُ اطْمَأَنَّ بِهٖ ۚ وَإِنْ أَصَابَتْهُ فِتْنَةُ
انْقَلَبَ عَلٰى وَجْهِهٖ ۚ خَسِرَ الدُّنْيَا وَالْاٰخِرَةَ ۚ
ذٰلِكَ هُوَ الْخُسْرَانُ الْمُبِيْنُ ﴿١١﴾

11. ਕੁੱਝ ਅਜਿਹੇ ਵੀ ਲੋਕ ਹਨ ਜਿਹੜੇ (ਸ਼ੱਕ ਦੇ) ਕੰਢੇ 'ਤੇ ਰਹਿ ਕੇ ਅੱਲਾਹ ਦੀ ਬੰਦਗੀ ਕਰਦੇ ਹਨ, ਜੇ ਕੋਈ ਲਾਭ ਮਿਲ ਗਿਆ ਤਾਂ ਸੰਤੁਸ਼ਟ ਹੋ ਜਾਂਦੇ ਹਨ, ਜੇ ਕੋਈ ਮੁਸੀਬਤ ਆ ਜਾਵੇ ਤਾਂ ਉਸੇ ਸਮੇਂ (ਇਸਲਾਮ ਤੋਂ) ਮੂੰਹ ਮੋੜ ਲੈਂਦੇ ਹਨ। ਉਹਨਾਂ ਦਾ ਦੁਨੀਆਂ ਵਿਚ ਵੀ ਅਤੇ ਆਖ਼ਿਰਤ ਵਿਚ ਵੀ ਘਾਟਾ ਹੋਵੇਗਾ। ਇਹੋ ਅਸਲੀ ਘਾਟਾ ਹੈ।

يَدْعُوْا مِنْ دُوْنِ اللّٰهِ مَا لَا يَضُرُّهٗ وَمَا
لَا يَنْفَعُهٗ ۚ ذٰلِكَ هُوَ الضَّلٰلُ الْبَعِيْدُ ﴿١٢﴾

12. ਉਹ ਅੱਲਾਹ ਨੂੰ ਛੱਡ ਕੇ ਉਹਨਾਂ ਨੂੰ (ਮਦਦ ਲਈ) ਪੁਕਾਰਦਾ ਹੈ, ਜਿਹੜਾ ਨਾ ਉਸ ਨੂੰ ਲਾਭ ਦੇ ਸਕਣ ਅਤੇ ਨਾ ਹੀ ਨੁਕਸਾਨ ਕਰ ਸਕਣ। ਇਹੋ ਅਸਲੀ ਗੁਮਰਾਹੀ ਹੈ।

يَدْعُوْا لَمَنْ ضَرُّهٗٓ أَقْرَبُ مِنْ نَّفْعِهٖ ۚ لَبِئْسَ
الْمَوْلٰى وَلَبِئْسَ الْعَشِيْرُ ﴿١٣﴾

13. ਉਹ ਉਸੇ ਨੂੰ (ਆਪਣੀਆਂ ਲੋੜਾਂ ਲਈ) ਪੁਕਾਰਦਾ ਹੈ, ਜਿਸ ਦਾ ਨੁਕਸਾਨ ਉਸ ਦੇ ਲਾਭ ਨਾਲੋਂ ਬਹੁਤਾ ਨੇੜੇ ਹੈ। ਉਸ ਦਾ ਸਾਈਂ ਬਹੁਤ ਹੀ ਭੈੜਾ ਹੈ। ਬੇਸ਼ੱਕ ਅਜਿਹਾ ਸਾਥੀ ਬਹੁਤ ਹੀ ਭੈੜਾ ਹੈ।

إِنَّ اللّٰهَ يُدْخِلُ الَّذِيْنَ اٰمَنُوْا وَعَمِلُوا الصّٰلِحٰتِ
جَنّٰتٍ تَجْرِيْ مِنْ تَحْتِهَا الْأَنْهٰرُ ۚ إِنَّ اللّٰهَ
يَفْعَلُ مَا يُرِيْدُ ﴿١٤﴾

14. ਬੇਸ਼ੱਕ ਅੱਲਾਹ ਈਮਾਨ ਲਿਆਉਣ ਵਾਲੇ ਲੋਕਾਂ ਨੂੰ ਅਤੇ ਨੇਕ ਕੰਮ ਕਰਨ ਵਾਲਿਆਂ ਨੂੰ ਉਹਨਾਂ ਜੰਨਤਾਂ ਵਿਚ ਦਾਖ਼ਲ ਕਰੇਗਾ ਜਿਨ੍ਹਾਂ ਹੇਠ ਨਹਿਰਾਂ ਵਗਦੀਆਂ ਹੋਣਗੀਆਂ। ਬੇਸ਼ੱਕ ਅੱਲਾਹ ਜੋ ਚਾਹੁੰਦਾ ਹੈ ਉਹੀਓ ਕਰਦਾ ਹੈ।

15. ਜਿਹੜਾ ਕੋਈ ਇਹ ਸੋਚਦਾ ਹੈ ਕਿ ਅੱਲਾਹ ਉਸ ਰਸੂਲ ਦੀ ਮਦਦ ਲੋਕ ਪ੍ਰਲੋਕ ਵਿਚ ਨਹੀਂ ਕਰੇਗਾ ਉਸ ਨੂੰ ਚਾਹੀਦਾ ਹੈ ਕਿ ਉਹ (ਇਕ ਰੱਸਾ ਆਪਣੇ ਗਲੇ ਵਿਚ ਪਾ ਲਵੇ ਅਤੇ) ਅਕਾਸ਼ ਵਿਚ ਚੜ੍ਹ ਜਾਵੇ ਤੇ ਉਸ ਰੱਸੀ ਨੂੰ ਕੱਟ ਦੇਵੇ, ਫੇਰ ਵੇਖੇ ਕੀ ਉਸਦਾ ਇਹ ਉਪਾਅ ਉਸ ਦੇ ਗੁੱਸੇ ਨੂੰ ਦੂਰ ਕਰਦਾ ਹੈ?

مَنْ كَانَ يَظُنُّ أَنْ لَنْ يَنْصُرَهُ اللَّهُ فِي الدُّنْيَا
وَالْآخِرَةِ فَلْيَمْدُدْ بِسَبَبٍ إِلَى السَّمَاءِ ثُمَّ لْيَقْطَعْ
فَلْيَنْظُرْ هَلْ يُذْهِبَنَّ كَيْدُهُ مَا يَغِيظُ ١٥

16 ਅਸੀਂ ਕ਼ੁਰਆਨ ਦੀਆਂ ਆਇਤਾਂ ਨੂੰ ਸਪਸ਼ਟ ਕਰਕੇ ਉਤਾਰਿਆ ਹੈ ਜਿਸ ਨੂੰ ਅੱਲਾਹ ਚਾਹਵੇ ਉਸੇ ਨੂੰ ਹਿਦਾਇਤ ਨਸੀਬ ਹੁੰਦੀ ਹੈ।

وَكَذَٰلِكَ أَنْزَلْنَاهُ آيَاتٍ بَيِّنَاتٍ وَأَنَّ اللَّهَ يَهْدِي
مَنْ يُرِيدُ ١٦

17. ਬੇਸ਼ੱਕ ਜਿਹੜੇ ਲੋਕੀ ਈਮਾਨ ਲਿਆਏ, ਜਾਂ ਜਿਹੜੇ ਯਹੂਦੀ, ਸਾਬੀ (ਅਧਰਮੀ), ਈਸਾਈ, ਮਜੂਸੀ (ਅੱਗ ਪੂਜਣ ਵਾਲੇ) ਜਾਂ ਮੁਸ਼ਰਿਕ ਬਣ ਗਏ (ਭਾਵੇਂ ਉਹ ਕੋਈ ਵੀ ਹੋਵੇ) ਬੇਸ਼ੱਕ ਅੱਲਾਹ ਉਹਨਾਂ ਸਭਨਾਂ ਵਿਚਾਲੇ ਕਿਆਮਤ ਦਿਹਾੜੇ ਫ਼ੈਸਲਾ ਕਰ ਦੇਵੇਗਾ। ਅੱਲਾਹ ਤਾਂ ਹਰ ਹਰ ਚੀਜ਼ ਦਾ ਗਵਾਹ ਹੈ।[1]

إِنَّ الَّذِينَ آمَنُوا وَالَّذِينَ هَادُوا وَالصَّابِئِينَ
وَالنَّصَارَىٰ وَالْمَجُوسَ وَالَّذِينَ أَشْرَكُوا إِنَّ اللَّهَ
يَفْصِلُ بَيْنَهُمْ يَوْمَ الْقِيَامَةِ ۚ إِنَّ اللَّهَ عَلَىٰ كُلِّ
شَيْءٍ شَهِيدٌ ١٧

18. ਕੀ ਤੁਸੀਂ ਨਹੀਂ ਵੇਖਦੇ ਕਿ ਅੱਲਾਹ ਦੇ ਅੱਗੇ ਹੀ ਸਭ ਧਰਤੀ ਵਾਲੇ ਅਤੇ ਅਕਾਸ਼ ਵਾਲੇ ਸੀਸ ਝੁਕਾਉਂਦੇ ਹਨ ਅਤੇ ਉਸ ਦੇ ਨਾਲ ਹੀ ਸੂਰਜ, ਚੰਨ ਤਾਰੇ, ਪਹਾੜ, ਰੁੱਖ ਅਤੇ ਜਾਨਵਰ ਅਤੇ ਬਥੇਰੇ ਮਨੁੱਖ ਵੀ ਸੀਸ ਝੁਕਾਉਂਦੇ ਹਨ। ਉਹਨਾਂ ਵਿਚ ਉਹ ਵੀ ਹਨ ਜਿਨ੍ਹਾਂ ਲਈ ਅਜ਼ਾਬ ਦਾ ਹੋਣਾ ਤੈਅ ਹੋ ਚੁੱਕਿਆ ਹੈ। ਜਿਸ ਨੂੰ ਰੱਬ ਹੀ ਜ਼ਲੀਲ ਕਰ ਦੇਵੇ ਉਸ ਨੂੰ ਕੋਈ ਇੱਜ਼ਤ ਦੇਣ ਵਾਲਾ ਨਹੀਂ, ਅੱਲਾਹ ਜੋ ਚਾਹੁੰਦਾ ਹੈ ਉਹੀਓ ਕਰਦਾ ਹੈ।

أَلَمْ تَرَ أَنَّ اللَّهَ يَسْجُدُ لَهُ مَنْ فِي السَّمَاوَاتِ وَمَنْ
فِي الْأَرْضِ وَالشَّمْسُ وَالْقَمَرُ وَالنُّجُومُ وَالْجِبَالُ
وَالشَّجَرُ وَالدَّوَابُّ وَكَثِيرٌ مِنَ النَّاسِ ۖ وَكَثِيرٌ
حَقَّ عَلَيْهِ الْعَذَابُ ۗ وَمَنْ يُهِنِ اللَّهُ فَمَا لَهُ
مِنْ مُكْرِمٍ ۚ إِنَّ اللَّهَ يَفْعَلُ مَا يَشَاءُ ۩ ١٨

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 62/2

هَٰذَانِ خَصْمَانِ اخْتَصَمُوا فِي رَبِّهِمْ ۖ فَالَّذِينَ
كَفَرُوا قُطِّعَتْ لَهُمْ ثِيَابٌ مِّن نَّارٍ يُصَبُّ
مِن فَوْقِ رُءُوسِهِمُ الْحَمِيمُ ﴿١٩﴾

19. ਇਹ ਦੋ ਧਿਰ (ਕਾਫ਼ਿਰਾਂ ਤੇ ਮੋਮਿਨਾਂ ਦੇ) ਹਨ, ਜਿਹੜੇ ਆਪਣੇ ਰੱਬ ਬਾਰੇ ਝਗੜ ਰਹੇ ਹਨ। ਕਾਫ਼ਿਰਾਂ ਲਈ ਤਾਂ ਅੱਗ ਦੇ ਵਸਤਰ ਕੱਟੇ ਜਾਣਗੇ ਅਤੇ ਉਹਨਾਂ ਦੇ ਸਿਰਾਂ 'ਤੇ ਉੱਬਲਦਾ ਹੋਇਆ ਪਾਣੀ ਡੋਲ੍ਹਿਆ ਜਾਵੇਗਾ।

يُصْهَرُ بِهِ مَا فِي بُطُونِهِمْ وَالْجُلُودُ ﴿٢٠﴾

20. ਜਿਸ ਨਾਲ ਉਹਨਾਂ ਦੇ ਢਿਡਾਂ ਦੇ ਅੰਦਰੋਂ ਸਭ ਕੁੱਝ ਗਲ ਜਾਵੇਗਾ ਅਤੇ ਉਹਨਾਂ ਦੀ ਚਮੜੀ ਵੀ ਗਲ ਜਾਵੇਗੀ।

وَلَهُم مَّقَامِعُ مِنْ حَدِيدٍ ﴿٢١﴾

21. ਉਹਨਾਂ (ਨਰਕੀਆਂ) ਨੂੰ ਮਾਰਨ ਲਈ ਲੋਹੇ ਦੇ ਥੌੜ੍ਹੇ ਹੋਣਗੇ।

كُلَّمَا أَرَادُوا أَن يَخْرُجُوا مِنْهَا مِنْ غَمٍّ أُعِيدُوا
فِيهَا وَذُوقُوا عَذَابَ الْحَرِيقِ ﴿٢٢﴾

22. ਜਦੋਂ ਉਹ ਉੱਥਿਓਂ (ਨਰਕ ਵਿਚ) ਘਬਰਾ ਕੇ ਨਿਕਲਣ ਦੀ ਕੋਸ਼ਿਸ਼ ਕਰਨਗੇ, ਮੁੜ ਉੱਥੇ ਹੀ ਧੱਕ ਦਿੱਤੇ ਜਾਣਗੇ ਅਤੇ ਕਿਹਾ ਜਾਵੇਗਾ ਕਿ ਹੁਣ ਲਵੋ ਸਾੜਣ ਵਾਲੇ ਅਜ਼ਾਬ ਦਾ ਸੁਆਦ।

إِنَّ اللَّهَ يُدْخِلُ الَّذِينَ آمَنُوا وَعَمِلُوا الصَّالِحَاتِ
جَنَّاتٍ تَجْرِي مِن تَحْتِهَا الْأَنْهَارُ يُحَلَّوْنَ فِيهَا
مِنْ أَسَاوِرَ مِن ذَهَبٍ وَلُؤْلُؤًا ۖ وَلِبَاسُهُمْ
فِيهَا حَرِيرٌ ﴿٢٣﴾

23. ਬੇਸ਼ੱਕ ਈਮਾਨ ਵਾਲਿਆਂ ਨੂੰ ਅਤੇ ਨੇਕ ਕੰਮ ਕਰਨ ਵਾਲਿਆਂ ਨੂੰ ਅੱਲਾਹ ਉਹਨਾਂ ਸਵਰਗਾਂ ਵਿਚ ਦਾਖ਼ਲ ਕਰੇਗਾ ਜਿਨ੍ਹਾਂ ਹੇਠ ਨਹਿਰਾਂ ਵਗਦੀਆਂ ਹੋਣਗੀਆਂ, ਜਿੱਥੇ ਉਹਨਾਂ ਨੂੰ ਸੋਨੇ ਦੇ ਕੰਗਣ ਪਹਿਣਾਏ ਜਾਣਗੇ ਅਤੇ ਉੱਥੇ ਉਹਨਾਂ ਦਾ ਲਿਬਾਸ ਰੇਸ਼ਮ ਦਾ ਹੋਵੇਗਾ।

وَهُدُوا إِلَى الطَّيِّبِ مِنَ الْقَوْلِ وَهُدُوا إِلَىٰ
صِرَاطِ الْحَمِيدِ ﴿٢٤﴾

24 ਸੰਸਾਰ ਵਿਚ ਉਹਨਾਂ ਲੋਕਾਂ ਨੂੰ ਪਵਿੱਤਰ ਗੱਲਾਂ (ਕਲਮਾ-ਏ ਤੌਹੀਦ ਕਬੂਲਨ) ਦੀ ਹਿਦਾਇਤ ਬਖ਼ਸ਼ੀ ਗਈ ਅਤੇ ਸਲਾਹੇ ਹੋਏ ਅੱਲਾਹ ਦਾ ਰਾਹ ਵਿਖਾਇਆ ਗਿਆ।

إِنَّ الَّذِينَ كَفَرُوا وَيَصُدُّونَ عَن سَبِيلِ
اللَّهِ وَالْمَسْجِدِ الْحَرَامِ الَّذِي جَعَلْنَاهُ لِلنَّاسِ
سَوَاءً الْعَاكِفُ فِيهِ وَالْبَادِ ۚ وَمَن يُرِدْ فِيهِ
بِإِلْحَادٍ بِظُلْمٍ نُّذِقْهُ مِنْ عَذَابٍ أَلِيمٍ ﴿٢٥﴾

25. ਜਿਨ੍ਹਾਂ ਲੋਕਾਂ ਨੇ (ਰੱਬੀ ਹਿਦਾਇਤ ਦਾ) ਇਨਕਾਰ ਕੀਤਾ, ਉਹ ਲੋਕਾਂ ਨੂੰ ਅੱਲਾਹ ਦੀ ਰਾਹ ਤੋਂ ਅਤੇ ਪਾਕ ਮਸੀਤ (ਖ਼ਾਨਾ-ਕਾਅਬਾ) ਤੋਂ ਰੋਕਦੇ ਹਨ, ਜਿਸ ਨੂੰ ਅਸੀਂ ਸਾਰੇ ਜਹਾਨ ਦੇ ਲੋਕਾਂ ਲਈ

ਬਣਾਇਆ ਹੈ। ਉੱਥੇ (ਮੱਕੇ) ਦੇ ਵਸਨੀਕ ਹੋਣ ਜਾਂ ਬਾਹਰੋਂ ਆਉਣ ਹੋਣ, ਉਹਨਾਂ ਸਭ ਦਾ ਅਧਿਕਾਰ ਇਕ ਬਰਾਬਰ ਹੈ। ਜਿਹੜਾ ਵੀ ਉੱਥੇ (ਖ਼ਾਨਾ-ਕਾਅਬਾ) ਵਿਖੇ ਜ਼ੁਲਮ ਕਰਨ ਦੇ ਇਰਾਦੇ ਨਾਲ ਕੋਈ ਟੇਢੇ ਕੰਮ ਕਰੇਗਾ ਅਸੀਂ ਉਸ ਨੂੰ ਦਰਦਨਾਕ ਅਜ਼ਾਬ ਦਾ ਸੁਆਦ ਚਖਾਵਾਂਗੇ।

وَإِذْ بَوَّأْنَا لِإِبْرَاهِيمَ مَكَانَ الْبَيْتِ أَن لَّا تُشْرِكْ بِي شَيْئًا وَطَهِّرْ بَيْتِيَ لِلطَّائِفِينَ وَالْقَائِمِينَ وَالرُّكَّعِ السُّجُودِ ﴿٢٦﴾

26. ਅਤੇ (ਯਾਦ ਕਰੋ) ਜਦੋਂ ਅਸੀਂ ਇਬਰਾਹੀਮ ਲਈ ਕਾਅਬੇ ਦੀ ਥਾਂ ਨੂੰ ਨਿਯਤ ਕੀਤਾ ਸੀ, (ਅਤੇ ਹੁਕਮ ਦਿੱਤਾ ਸੀ ਕਿ) ਮੇਰੇ ਨਾਲ ਕਿਸੇ ਨੂੰ ਸ਼ਰੀਕ ਨਹੀਂ ਕਰਨਾ ਅਤੇ ਮੇਰੇ ਘਰ (ਖ਼ਾਨਾ-ਕਾਅਬਾ) ਨੂੰ ਤਵਾਫ਼ (ਪਰਿਕ੍ਰਮਾ) ਕਰਨ ਲਈ, ਨਮਾਜ਼, ਰੁਕੂਅ ਤੇ ਸਿਜਦਾ ਕਰਨ ਵਾਲਿਆਂ ਲਈ ਪਵਿੱਤਰ ਰੱਖਣਾ।

وَأَذِّن فِي النَّاسِ بِالْحَجِّ يَأْتُوكَ رِجَالًا وَعَلَىٰ كُلِّ ضَامِرٍ يَأْتِينَ مِن كُلِّ فَجٍّ عَمِيقٍ ﴿٢٧﴾

27. (ਅਤੇ ਆਦੇਸ਼ ਦਿੱਤਾ) ਕਿ ਲੋਕਾਂ ਵਿਚ ਹੱਜ ਕਰਨ ਲਈ ਮੁਨਾਦੀ ਕਰ ਦਿਓ, ਲੋਕੀ ਤੇਰੇ ਕੋਲ (ਦੂਰ ਦੂਰ ਤੋਂ) ਪੈਦਲ ਵੀ ਆਉਣਗੇ ਅਤੇ ਕਮਜ਼ੋਰ ਊਠਾਂ 'ਤੇ ਸਵਾਰ ਹੋ ਕੇ ਵੀ ਆਉਣਗੇ।[1]

لِّيَشْهَدُوا مَنَافِعَ لَهُمْ وَيَذْكُرُوا اسْمَ اللَّهِ فِي أَيَّامٍ مَّعْلُومَاتٍ عَلَىٰ مَا رَزَقَهُم مِّن بَهِيمَةِ الْأَنْعَامِ ۖ فَكُلُوا مِنْهَا وَأَطْعِمُوا الْبَائِسَ الْفَقِيرَ ﴿٢٨﴾

28. ਤਾਂ ਜੋ ਉਹ ਆਪਣੇ (ਲੋਕ-ਪਰਲੋਕ ਦਾ) ਲਾਭ ਪ੍ਰਾਪਤ ਕਰਨ ਲਈ (ਖ਼ਾਨਾ ਕਾਅਬਾ ਵਿਖੇ) ਹਾਜ਼ਰ ਹੋਣ ਅਤੇ ਨਿਸ਼ਚਿਤ ਦਿਨਾਂ ਵਿਚ ਉਹਨਾਂ ਪਸ਼ੂਆਂ ਤੇ ਜ਼ਿਬਹ ਕਰਦੇ ਸਮੇਂ ਅੱਲਾਹ ਦਾ ਨਾਂ ਲੈਣ ਜਿਹੜੇ ਅੱਲਾਹ ਨੇ ਉਹਨਾਂ ਨੂੰ ਦਿੱਤੇ ਹਨ। ਫੇਰ ਤੁਸੀਂ ਆਪ ਵੀ ਉਹਨਾਂ (ਪਸ਼ੂਆਂ) ਦਾ ਮਾਸ ਖਾਓ ਅਤੇ ਹਰੇਕ ਭੁੱਖੇ ਫ਼ਕੀਰ ਨੂੰ ਵੀ ਖਵਾਓ।

---

[1] ਇਸ ਵਿਚ ਹੱਜ ਕਰਨ ਦਾ ਹੁਕਮ ਦਿੱਤਾ ਗਿਆ ਹੈ। ਹੱਜ ਦੀ ਅਤਿਅੰਤ ਮਹੱਤਤਾ ਹੈ ਜਿਵੇਂ ਕਿ ਇਕ ਹਦੀਸ ਵਿਚ ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਜਿਸ ਨੇ ਵੀ ਅੱਲਾਹ ਦੇ ਲਈ ਉਸ ਦੇ ਘਰ ਖ਼ਾਨਾ ਕਾਅਬਾ ਦਾ ਹੱਜ ਕੀਤਾ ਨਾ ਤਾਂ ਉਸ ਨੇ ਆਪਣੀ ਪਤਨੀ ਨਾਲ ਸਰੀਰਿਕ ਸੰਬੰਧ ਬਣਾਏ ਨਾ ਕੋਈ ਹੋਰ ਪਾਪ ਕੀਤਾ ਤਾਂ ਉਹ ਉਸ ਬੱਚੇ ਵਾਂਗ ਪਵਿੱਤਰ ਹੈ ਜਿਸ ਨੇ ਹੁਣੇ ਹੁਣੇ ਜਨਮ ਲਿਆ ਹੋਵੇ। (ਸਹੀ ਬੁਖ਼ਾਰੀ, ਹਦੀਸ 1819)

ثُمَّ لْيَقْضُوا تَفَثَهُمْ وَلْيُوفُوا نُذُورَهُمْ
وَلْيَطَّوَّفُوا بِالْبَيْتِ الْعَتِيقِ ٢٩

29. ਫੇਰ (ਕੁਰਬਾਨੀ ਕਰਨ ਮਗਰੋਂ) ਆਪਣੇ ਮੈਲ ਕੁਚੈਲ ਨੂੰ ਦੂਰ ਕਰੋ (ਭਾਵ ਵਾਲਾਂ ਨੂੰ ਅਤੇ ਨੌਹਾਂ ਨੂੰ ਕਟਵਾਓ) ਅਤੇ ਆਪਣੀਆਂ ਸੁੱਖਣਾ ਪੂਰੀਆਂ ਕਰੋ ਅਤੇ ਅੱਲਾਹ ਦੇ ਸਭ ਤੋਂ ਪੁਰਾਣੇ ਘਰ (ਖ਼ਾਨਾ-ਕਾਅਬਾ) ਦਾ ਤਵਾਫ਼ ਕਰੋ।[1]

ذَٰلِكَ ۚ وَمَن يُعَظِّمْ حُرُمَاتِ اللَّهِ فَهُوَ خَيْرٌ لَّهُ
عِندَ رَبِّهِ ۗ وَأُحِلَّتْ لَكُمُ الْأَنْعَامُ إِلَّا
مَا يُتْلَىٰ عَلَيْكُمْ ۖ فَاجْتَنِبُوا الرِّجْسَ مِنَ الْأَوْثَانِ
وَاجْتَنِبُوا قَوْلَ الزُّورِ ٣٠

30. ਇਹ (ਹੁਕਮ) ਉਹਨਾਂ ਲਈ ਹੈ ਜਿਹੜੇ ਅੱਲਾਹ ਦੀਆਂ ਨਿਯਤ ਕੀਤੀਆਂ ਹੋਈਆਂ ਪਾਬੰਦੀਆਂ ਦਾ ਸਤਿਕਾਰ ਕਰਦੇ ਹਨ, ਉਹਨਾਂ ਲਈ ਉਹਨਾਂ ਦੇ ਰੱਬ ਕੋਲ ਵਧੀਆ ਬਦਲਾ ਹੈ। ਤੁਹਾਡੇ ਲਈ ਚਾਰ ਪੈਰਾਂ ਵਾਲੇ ਪਸ਼ੂ ਜਾਇਜ਼ (ਹਲਾਲ) ਕਰ ਦਿੱਤੇ, ਛੁੱਟ ਉਹਨਾਂ ਤੋਂ ਜਿਨ੍ਹਾਂ ਬਾਰੇ ਤੁਹਾਨੂੰ ਦੱਸਿਆ ਜਾ ਚੁੱਕਿਆ ਹੈ। ਸੋ ਤੁਸੀਂ ਮੂਰਤੀਆਂ ਦੀ ਗੰਦਗੀ ਤੋਂ ਬਚੋ ਅਤੇ ਝੂਠੀਆਂ ਗੱਲਾਂ ਤੋਂ ਪਰਹੇਜ਼ ਕਰੋ।

حُنَفَاءَ لِلَّهِ غَيْرَ مُشْرِكِينَ بِهِ ۚ وَمَن يُشْرِكْ
بِاللَّهِ فَكَأَنَّمَا خَرَّ مِنَ السَّمَاءِ فَتَخْطَفُهُ الطَّيْرُ
أَوْ تَهْوِي بِهِ الرِّيحُ فِي مَكَانٍ سَحِيقٍ ٣١

31. ਅੱਲਾਹ ਦੇ ਲਈ ਇਕ ਹੋ ਜਾਓ ਉਸ ਦੇ ਸੰਗ ਕਿਸੇ ਨੂੰ ਸਾਂਝੀ ਨਾ ਬਣਾਓ। ਜਿਹੜਾ ਕੋਈ ਅੱਲਾਹ ਨਾਲ ਕਿਸੇ ਨੂੰ ਸ਼ਰੀਕ ਕਰੇਗਾ, ਇੰਜ ਸਮਝੋ ਜਿਵੇਂ ਉਹ ਅਕਾਸ਼ ਤੋਂ ਡਿਗ ਪਿਆ ਹੋਵੇ, ਫੇਰ ਉਸ ਨੂੰ ਭਾਵੇਂ ਪੰਛੀ ਝਪਟਾ ਮਾਰ ਕੇ ਲੈ ਜਾਣ ਜਾਂ ਹਵਾ ਕਿਸੇ ਦੂਰ ਥਾਂ ਲਿਜਾ ਸੁੱਟੇ।

ذَٰلِكَ ۚ وَمَن يُعَظِّمْ شَعَائِرَ اللَّهِ فَإِنَّهَا مِن
تَقْوَى الْقُلُوبِ ٣٢

32. ਇਹ ਹੁਕਮ ਉਸ ਲਈ ਹੈ ਜਿਹੜਾ ਅੱਲਾਹ ਦੀਆਂ ਮਿਥੀਆਂ ਹੋਈਆਂ ਨਿਸ਼ਾਨੀਆਂ ਦਾ ਆਦਰ ਕਰਦਾ ਹੈ। ਬੇਸ਼ੱਕ ਇਸ ਦਾ ਸੰਬੰਧ ਦਿਲਾਂ ਦੀ ਪਾਕੀਜ਼ਗੀ ਨਾਲ ਜੁੜਿਆ ਹੋਇਆ ਹੈ।

لَكُمْ فِيهَا مَنَافِعُ إِلَىٰ أَجَلٍ مُّسَمًّى ثُمَّ
مَحِلُّهَا إِلَى الْبَيْتِ الْعَتِيقِ ٣٣

33. ਤੁਹਾਡੇ ਲਈ ਇਹਨਾਂ (ਪਸ਼ੂਆਂ) ਵਿਚ ਇਕ ਖ਼ਾਸ ਸਮੇਂ ਲਈ ਲਾਭ ਹੈ (ਭਾਵ ਉਹਨਾਂ ਤੋਂ ਦੁੱਧ, ਸਵਾਰੀ ਦਾ ਲਾਭ ਅਤੇ ਉੱਨ ਆਦਿ ਲੈ ਸਕਦੇ ਹੋ)

---

[1] ਵੇਖੋ ਸੂਰਤ ਅਲ-ਮਾਇਦਾ, ਹਾਸ਼ੀਆ ਆਇਤ 32/5

ਅਤੇ ਉਹਨਾਂ ਨੂੰ ਜ਼ਿਬਹ (ਕੁਰਬਾਨੀ) ਕਰਨ ਦੀ ਥਾਂ ਉਸੇ ਪੁਰਾਤਨ ਘਰ (ਖ਼ਾਨਾ ਕਾਅਬਾ) ਦੇ ਕੋਲ ਹੈ।

34. ਅਸੀਂ ਹਰ ਉੱਮਤ ਲਈ ਕੁਰਬਾਨੀ ਕਰਨ ਦੇ ਤਰੀਕੇ ਮੁਕੱਰਰ ਕੀਤੇ ਹਨ ਕਿ ਉਹਨਾਂ ਚਾਰ ਪੈਰਾਂ ਵਾਲੇ ਜਾਨਵਰਾਂ ਉੱਤੇ, ਜਿਹੜੇ ਜਾਨਵਰ ਅੱਲਾਹ ਨੇ ਹੀ ਉਹਨਾਂ ਨੂੰ ਬਖ਼ਸ਼ੇ ਹੋਏ ਹਨ, (ਜ਼ਿਬਹ ਕਰਦੇ ਸਮੇਂ) ਅੱਲਾਹ ਦਾ ਨਾਂ ਲਿਆ ਜਾਵੇ। ਤੁਹਾਡਾ ਸਭ ਦਾ ਇਕ ਹੀ ਇਸ਼ਟ ਹੈ ਤੁਸੀਂ ਉਸੇ ਦੇ ਆਗਿਆਕਾਰੀ ਬਣੋ। (ਹੇ ਨਬੀ!) ਤੁਸੀਂ ਨਿਮਰਤਾ ਧਾਰਨ ਕਰਨ ਵਾਲਿਆਂ ਨੂੰ (ਰੱਬ ਦੀ ਰਜ਼ਾ ਦੀ) ਖ਼ੁਸ਼ਖ਼ਬਰੀ ਸੁਣਾ ਦਿਓ।

وَلِكُلِّ أُمَّةٍ جَعَلْنَا مَنسَكًا لِّيَذْكُرُوا اسْمَ اللَّهِ عَلَىٰ مَا رَزَقَهُم مِّن بَهِيمَةِ الْأَنْعَامِ ۗ فَإِلَٰهُكُمْ إِلَٰهٌ وَاحِدٌ فَلَهُ أَسْلِمُوا ۗ وَبَشِّرِ الْمُخْبِتِينَ ٣٤

35. ਜਦੋਂ ਰੱਬ ਦੀ ਚਰਚਾ ਕੀਤੀ ਜਾਂਦੀ ਹੈ ਤਾਂ ਉਹਨਾਂ ਦੇ ਦਿਲ ਕੰਬ ਜਾਂਦੇ ਹਨ। ਜਦੋਂ ਉਹਨਾਂ ਨੂੰ ਕੋਈ ਮੁਸੀਬਤ ਆਉਂਦੀ ਹੈ ਉਸ 'ਤੇ ਸਬਰ ਕਰਦੇ ਹਨ, ਨਮਾਜ਼ਾਂ ਕਾਇਮ ਕਰਦੇ ਹਨ ਅਤੇ ਜੋ ਵੀ ਅਸੀਂ ਉਹਨਾਂ ਨੂੰ (ਧੰਨ-ਦੌਲਤ) ਬਖ਼ਸ਼ਿਆ ਹੈ, ਉਸ ਵਿੱਚੋਂ ਖ਼ਰਚ ਕਰਦੇ ਹਨ।

الَّذِينَ إِذَا ذُكِرَ اللَّهُ وَجِلَتْ قُلُوبُهُمْ وَالصَّابِرِينَ عَلَىٰ مَا أَصَابَهُمْ وَالْمُقِيمِي الصَّلَاةِ وَمِمَّا رَزَقْنَاهُمْ يُنفِقُونَ ٣٥

36. ਕੁਰਬਾਨੀ ਦੇ ਊਠਾਂ ਨੂੰ ਅਸੀਂ ਤੁਹਾਡੇ ਲਈ ਅੱਲਾਹ ਦੀਆਂ ਨਿਸ਼ਾਨੀਆਂ ਵਜੋਂ ਨਿਯਤ ਕੀਤਾ ਹੈ। ਇਸ ਵਿਚ ਤੁਹਾਡੇ ਲਈ (ਕਈ) ਲਾਭ ਹਨ। ਸੋ ਉਹਨਾਂ (ਊਠਾਂ) ਨੂੰ (ਕੁਰਬਾਨੀ ਕਰਦੇ ਸਮੇਂ) ਖੜਾ ਕਰਕੇ ਉਹਨਾਂ 'ਤੇ ਅੱਲਾਹ ਦਾ ਨਾਂ ਲਵੋ, ਫੇਰ ਜਦੋਂ ਉਹ ਧਰਤੀ 'ਤੇ ਟਿਕ ਜਾਣ ਤਾਂ ਤੁਸੀਂ ਉਹਨਾਂ ਦਾ ਮੀਟ ਆਪ ਵੀ ਖਾਓ ਅਤੇ ਮਸਕੀਨਾਂ, ਨਾ-ਮੰਗਣ ਵਾਲਿਆਂ ਅਤੇ ਮੰਗਣ ਵਾਲਿਆਂ ਨੂੰ ਵੀ ਖੁਆਓ। ਇਸ ਤਰ੍ਹਾਂ ਅਸੀਂ (ਅੱਲਾਹ ਨੇ ਪਸ਼ੂਆਂ ਨੂੰ) ਤੁਹਾਡੇ ਅਧੀਨ ਕਰ ਛੱਡਿਆ ਹੈ ਤਾਂ ਜੋ ਤੁਸੀਂ (ਰੱਬ ਦਾ) ਸ਼ੁਕਰ ਕਰੋ

وَالْبُدْنَ جَعَلْنَاهَا لَكُم مِّن شَعَائِرِ اللَّهِ لَكُمْ فِيهَا خَيْرٌ ۖ فَاذْكُرُوا اسْمَ اللَّهِ عَلَيْهَا صَوَافَّ ۖ فَإِذَا وَجَبَتْ جُنُوبُهَا فَكُلُوا مِنْهَا وَأَطْعِمُوا الْقَانِعَ وَالْمُعْتَرَّ ۚ كَذَٰلِكَ سَخَّرْنَاهَا لَكُمْ لَعَلَّكُمْ تَشْكُرُونَ ٣٦

37 ਅੱਲਾਹ ਕੋਲ ਨਾ ਤਾਂ ਉਹਨਾਂ ਕੁਰਬਾਨੀ ਦੇ ਜਾਨਵਰਾਂ ਦਾ ਮਾਸ (ਗੋਸ਼ਤ) ਪਹੁੰਚਦਾ ਹੈ ਅਤੇ ਨਾ ਹੀ ਖ਼ੂਨ, ਉਸ ਕੋਲ ਤਾਂ ਤੁਹਾਡੀ ਪਰਹੇਜ਼ਗਾਰੀ ਪਹੁੰਚਦੀ ਹੈ। ਇਸ ਲਈ ਅੱਲਾਹ ਨੇ ਉਹਨਾਂ (ਕੁਰਬਾਨੀ ਵਾਲੇ) ਜਾਨਵਰਾਂ ਨੂੰ ਤੁਹਾਡੇ ਅਧੀਨ ਕਰ ਛੱਡਿਆ ਹੈ ਤਾਂ ਜੋ ਤੁਸੀਂ ਅੱਲਾਹ ਦੀ ਵਡਿਆਈ ਬਿਆਨ ਕਰੋ ਕਿ ਉਸ ਨੇ ਤੁਹਾਨੂੰ ਹਿਦਾਇਤ ਦਿੱਤੀ ਹੈ। (ਹੇ ਨਬੀ!) ਨੇਕ ਅਮਲ ਕਰਨ ਵਾਲਿਆਂ ਨੂੰ (ਜੰਨਤ) ਦੀ ਖ਼ੁਸ਼ਖ਼ਬਰੀ ਸੁਣਾ ਦਿਓ।

لَنْ يَّنَالَ اللّٰهَ لُحُوْمُهَا وَلَا دِمَآؤُهَا وَلٰكِنْ يَّنَالُهُ التَّقْوٰى مِنْكُمْ ۚ كَذٰلِكَ سَخَّرَهَا لَكُمْ لِتُكَبِّرُوا اللّٰهَ عَلٰى مَا هَدٰىكُمْ ۚ وَبَشِّرِ الْمُحْسِنِيْنَ ﴿٣٧﴾

38. ਬੇਸ਼ੱਕ ਅੱਲਾਹ ਈਮਾਨ ਵਾਲਿਆਂ ਦਾ (ਵੈਰੀਆਂ ਤੋਂ) ਬਚਾਓ ਕਰਦਾ ਹੈ। ਅੱਲਾਹ ਕਿਸੇ ਵੀ ਖ਼ਾਇਨ (ਹੇਰਾ ਫੇਰੀ) ਕਰਨ ਵਾਲੇ ਨੂੰ ਅਤੇ ਨਾ-ਸ਼ੁਕਰੇ ਨੂੰ ਪਸੰਦ ਨਹੀਂ ਕਰਦਾ।

اِنَّ اللّٰهَ يُدٰفِعُ عَنِ الَّذِيْنَ اٰمَنُوْا ۗ اِنَّ اللّٰهَ لَا يُحِبُّ كُلَّ خَوَّانٍ كَفُوْرٍ ﴿٣٨﴾

39. ਜਿਨ੍ਹਾਂ ਮੁਸਲਮਾਨਾਂ ਨਾਲ ਕਾਫ਼ਿਰਾਂ ਵੱਲੋਂ ਲੜਾਈ ਕੀਤੀ ਜਾਂਦੀ ਹੈ ਉਹਨਾਂ ਨੂੰ (ਜੰਗ ਕਰਨ ਦੀ) ਛੂਟ ਦਿੱਤੀ ਜਾਂਦੀ ਹੈ ਕਿਉਂ ਜੋ ਉਹਨਾਂ ਉੱਤੇ ਜ਼ੁਲਮ ਹੋ ਰਿਹਾ ਹੈ। ਬੇਸ਼ੱਕ ਅੱਲਾਹ ਉਹਨਾਂ ਦੀ ਸਹਾਇਤਾ ਕਰਨ ਦੀ ਸਮਰਥਾ ਰੱਖਦਾ ਹੈ।

اُذِنَ لِلَّذِيْنَ يُقٰتَلُوْنَ بِاَنَّهُمْ ظُلِمُوْا ۗ وَاِنَّ اللّٰهَ عَلٰى نَصْرِهِمْ لَقَدِيْرُ ﴿٣٩﴾

40. ਇਹ ਉਹ ਲੋਕ ਹਨ ਜਿਨ੍ਹਾਂ ਨੂੰ ਉਹਨਾਂ ਦੇ ਘਰੋਂ ਅਣ-ਹੱਕਾ ਕੱਢਿਆ ਗਿਆ ਕੇਵਲ ਇਹ ਕਹਿਣ 'ਤੇ ਕਿ ਸਾਡਾ ਮਾਲਿਕ ਅੱਲਾਹ ਹੈ। ਜੇ ਅੱਲਾਹ ਇਕ (ਜ਼ਾਲਮ) ਨੂੰ ਦੂਜੇ ਜ਼ਾਲਿਮ ਰਾਹੀਂ (ਸੱਤਾ ਤੋਂ) ਪਰਾਂ ਨਾ ਕਰਦਾ ਤਾਂ ਧਰਮ ਸਥਾਨ ਗਿਰਜੇ ਮਸੀਤਾਂ ਅਤੇ ਯਹੂਦੀਆਂ ਦੇ ਧਰਮ ਸਥਾਨ ਅਤੇ ਉਹ ਸਾਰੀਆਂ ਮਸੀਤਾਂ ਵੀ ਢਾਹ ਦਿੱਤੀਆਂ ਜਾਂਦੀਆਂ ਜਿਨ੍ਹਾਂ ਵਿਚ ਅੱਲਾਹ ਦਾ ਸਿਮਰਨ ਵੱਧ ਤੋਂ ਵੱਧ ਕੀਤਾ ਜਾਂਦਾ ਹੈ। ਜਿਹੜਾ ਵੀ ਉਸ (ਦੇ ਦੀਨ

اِۨلَّذِيْنَ اُخْرِجُوْا مِنْ دِيَارِهِمْ بِغَيْرِ حَقٍّ اِلَّآ اَنْ يَّقُوْلُوْا رَبُّنَا اللّٰهُ ۗ وَلَوْلَا دَفْعُ اللّٰهِ النَّاسَ بَعْضَهُمْ بِبَعْضٍ لَّهُدِّمَتْ صَوَامِعُ وَبِيَعٌ وَّصَلَوٰتٌ وَّمَسٰجِدُ يُذْكَرُ فِيْهَا اسْمُ اللّٰهِ كَثِيْرًا ۗ وَلَيَنْصُرَنَّ اللّٰهُ مَنْ يَّنْصُرُهُ ۗ اِنَّ اللّٰهَ لَقَوِيٌّ عَزِيْزٌ ﴿٤٠﴾

ਇਸਲਾਮ) ਦੀ ਮਦਦ ਕਰੇਗਾ, ਅੱਲਾਹ ਜ਼ਰੂਰ ਹੀ ਉਸਦੀ ਮਦਦ ਕਰੇਗਾ। ਬੇਸ਼ੱਕ ਅੱਲਾਹ ਅਤਿਅੰਤ ਜ਼ੋਰਾਵਰ ਹੈ।

ٱلَّذِينَ إِن مَّكَّنَّٰهُمْ فِى ٱلْأَرْضِ أَقَامُوا۟ ٱلصَّلَوٰةَ وَءَاتَوُا۟ ٱلزَّكَوٰةَ وَأَمَرُوا۟ بِٱلْمَعْرُوفِ وَنَهَوْا۟ عَنِ ٱلْمُنكَرِ ۗ وَلِلَّهِ عَٰقِبَةُ ٱلْأُمُورِ ﴿٤١﴾

41 ਇਹ ਉਹ ਲੋਕ ਹਨ ਕਿ ਜੇ ਅਸੀਂ ਉਹਨਾਂ ਨੂੰ ਧਰਤੀ ਉੱਤੇ ਸੱਤਾ ਬਖ਼ਸ਼ ਦਈਏ ਤਾਂ ਉਹ ਨਮਾਜ਼ ਕਾਇਮ ਕਰਨਗੇ,[1] ਜ਼ਕਾਤ ਦੇਣਗੇ ਅਤੇ ਭਲੇ ਕੰਮਾਂ ਦਾ ਹੁਕਮ ਦੇਣਗੇ ਤੇ ਭੈੜੇ ਕੰਮਾਂ ਤੋਂ ਰੋਕਣਗੇ। ਸਾਰੇ ਹੀ ਕੰਮਾਂ ਦਾ ਬਦਲਾ ਅੱਲਾਹ ਦੇ ਅਧਿਕਾਰ ਵਿਚ ਹੈ।

وَإِن يُكَذِّبُوكَ فَقَدْ كَذَّبَتْ قَبْلَهُمْ قَوْمُ نُوحٍ وَعَادٌ وَثَمُودُ ﴿٤٢﴾

42. (ਹੇ ਮੁਹੰਮਦ ਸ:।) ਜੇ ਇਹ ਲੋਕ ਤੁਹਾਨੂੰ (ਰੱਬ ਦਾ ਰਸੂਲ) ਨਹੀਂ ਮੰਨਦੇ ਤਾਂ ਇਸ ਤੋਂ ਪਹਿਲਾਂ ਨੂਹ ਦੀ ਕੌਮ ਅਤੇ ਆਦ ਤੇ ਸਮੂਦ ਦੀ ਕੌਮ ਨੇ ਵੀ ਆਪਣੇ ਆਪਣੇ ਨਬੀਆਂ ਨੂੰ ਝੁਠਲਾਇਆ ਹੈ।

وَقَوْمُ إِبْرَٰهِيمَ وَقَوْمُ لُوطٍ ﴿٤٣﴾

43. ਅਤੇ ਇਬਰਾਹੀਮ ਅਤੇ ਲੂਤ ਦੀ ਕੌਮ ਨੇ ਵੀ ਇੰਜ ਹੀ ਕੀਤਾ ਸੀ।

وَأَصْحَٰبُ مَدْيَنَ ۖ وَكُذِّبَ مُوسَىٰ فَأَمْلَيْتُ لِلْكَٰفِرِينَ ثُمَّ أَخَذْتُهُمْ ۖ فَكَيْفَ كَانَ نَكِيرِ ﴿٤٤﴾

44. ਅਤੇ ਮਦਯਨ ਦੀ ਕੌਮ ਅਤੇ ਮੂਸਾ ਦੀ ਕੌਮ ਵੀ (ਆਪਣੇ ਨਬੀਆਂ ਨੂੰ) ਝੁਠਲਾ ਚੁੱਕੀ ਹੈ। ਪਹਿਲਾਂ ਤਾਂ ਮੈਂਨੇ ਕਾਫ਼ਿਰਾਂ ਨੂੰ ਕੁੱਝ ਸਮੇਂ ਲਈ ਛੂਟ ਦਿੱਤੀ ਹੈ ਫੇਰ ਉਹਨਾਂ ਨੂੰ ਫੜ ਲਿਆ ਸੋ (ਵੇਖਣਾ) ਕਿ ਮੇਰਾ ਅਜ਼ਾਬ ਕਿਹੋ ਜਿਹਾ ਸੀ।

---

[1] ਨਮਾਜ਼ ਕਾਇਮ ਕਰਨ ਤੋਂ ਭਾਵ ਇਹ ਹੈ ਕਿ ਨਮਾਜ਼ ਹਰ ਮੁਸਲਮਾਨ ਮਰਦ ਹੋਵੇ ਜਾਂ ਔਰਤ ਉੱਤੇ ਫ਼ਰਜ਼ ਹੈ ਕਿ ਉਹ ਦਿਨ ਵਿਚ ਪੰਜ ਨਮਾਜ਼ਾਂ ਨਿਯਤ ਸਮੇਂ ਅਨੁਸਾਰ ਅਦਾ ਕਰੇ। ਨਬੀ (ਸ:) ਨੇ ਫ਼ਰਮਾਇਆ ਕਿ ਜਦੋਂ ਤੁਹਾਡੇ ਬੱਚੇ ਸੱਤ ਸਾਲ ਦੇ ਹੋ ਜਾਣ ਤਾਂ ਉਨ੍ਹਾਂ ਨੂੰ ਨਮਾਜ਼ ਪੜ੍ਹਨ ਲਈ ਹੁਕਮ ਦਿਓ ਅਤੇ ਜਦੋਂ ਦੱਸ ਸਾਲ ਦੇ ਹੋ ਜਾਣ ਤਾਂ ਨਮਾਜ਼ ਨਾ ਪੜ੍ਹਨ ਉੱਤੇ ਉਨ੍ਹਾਂ ਨੂੰ ਸਜ਼ਾ ਦਿਓ। (ਅਬੂ ਦਾਊਦ, ਹਦੀਸ: 495)

- ਨਬੀ (ਸ:) ਨੇ ਇਹ ਵੀ ਫ਼ਰਮਾਇਆ ਕਿ ਨਮਾਜ਼ ਇਸ ਤਰ੍ਹਾਂ ਪੜ੍ਹੋ ਜਿਸ ਤਰ੍ਹਾਂ ਤੁਸੀਂ ਮੈਨੂੰ ਨਮਾਜ਼ ਪੜ੍ਹਦੇ ਹੋਏ ਵੇਖਦੇ ਹੋ। (ਸਹੀ ਬੁਖ਼ਾਰੀ, ਹਦੀਸ: 7246)

45. ਕਈ ਬਸਤੀਆਂ ਅਜਿਹੀਆਂ ਹਨ ਜਿਨ੍ਹਾਂ ਨੂੰ ਅਸੀਂ ਹਲਾਕ ਕਰ ਦਿੱਤਾ ਕਿਉਂ ਜੋ ਉਹ ਜ਼ੁਲਮ ਕਰਦੀਆਂ ਸਨ। ਅੱਜ ਉਹਨਾਂ (ਦੇ ਘਰਾਂ ਦੀਆਂ) ਛੱਤਾਂ ਡਿੱਗੀਆਂ ਪਈਆਂ ਹਨ ਅਤੇ ਕਿੰਨੇ ਹੀ ਖੂਹ ਬੇਆਬਾਦ ਪਏ ਹਨ ਅਤੇ ਕਿੰਨੇ ਹੀ ਮਜ਼ਬੂਤ ਮਹਿਲ ਉੱਜੜੇ ਪਏ ਹਨ।

فَكَأَيِّن مِّن قَرْيَةٍ أَهْلَكْنَاهَا وَهِيَ
ظَالِمَةٌ فَهِيَ خَاوِيَةٌ عَلَىٰ عُرُوشِهَا
وَبِئْرٍ مُّعَطَّلَةٍ وَقَصْرٍ مَّشِيدٍ ﴿٤٥﴾

46. ਕੀ ਇਹ (ਕਾਫ਼ਿਰ) ਲੋਕ ਧਰਤੀ ਉੱਤੇ ਘੁੰਮੇ-ਫਿਰੇ ਨਹੀਂ ਕਿ ਉਹਨਾਂ ਦੇ ਦਿਲ (ਦਿਮਾਗ਼, ਹੁੰਦੇ ਜਿਨ੍ਹਾਂ ਰਾਹੀਂ ਉਹ ਸਮਝਦੇ ਜਾਂ ਕੰਨਾਂ ਤੋਂ ਹੀ ਇਹ (ਕਿੱਸੇ) ਸੁਣ ਲੈਂਦੇ। ਅਸਲ ਗੱਲ ਇਹ ਹੈ ਕਿ ਕੇਵਲ ਅੱਖਾਂ ਤੋਂ ਹੀ ਕੋਈ ਅੰਨ੍ਹਾ ਨਹੀਂ ਹੁੰਦਾ ਸਗੋਂ ਉਹ ਦਿਲ ਵੀ ਅੰਨੇ ਹੋ ਜਾਂਦੇ ਹਨ ਜਿਹੜੇ ਸੀਨਿਆਂ ਵਿਚ ਹਨ।

أَفَلَمْ يَسِيرُوا فِي الْأَرْضِ فَتَكُونَ لَهُمْ قُلُوبٌ
يَعْقِلُونَ بِهَا أَوْ آذَانٌ يَسْمَعُونَ بِهَا ۖ فَإِنَّهَا
لَا تَعْمَى الْأَبْصَارُ وَلَٰكِن تَعْمَى الْقُلُوبُ الَّتِي
فِي الصُّدُورِ ﴿٤٦﴾

47. ਅਤੇ (ਹੇ ਨਬੀ! ਇਹ ਜ਼ਾਲਮ ਲੋਕ) ਤੁਹਾਥੋਂ ਅਜ਼ਾਬ ਵਿਚ ਛੇਤੀ ਦੀ ਮੰਗ ਕਰ ਰਹੇ ਹਨ। ਅੱਲਾਹ ਕਦੇ ਵੀ ਆਪਣੇ ਵਚਨ ਨਹੀਂ ਬਦਲਦਾ (ਭਾਵ ਅਜ਼ਾਬ ਆਕੇ ਰਹੇਗਾ)। ਹਾਂ! ਇਹ ਗੱਲ ਵੱਖਰੀ ਹੈ ਕਿ ਤੁਹਾਡੇ ਰੱਬ ਕੋਲ ਇਕ ਦਿਨ ਹੀ ਤੁਹਾਡੀ ਗਿਣਤੀ ਦੇ ਇਕ ਹਜ਼ਾਰ ਸਾਲ ਵਰਗਾ ਹੈ।

وَيَسْتَعْجِلُونَكَ بِالْعَذَابِ وَلَن يُخْلِفَ اللَّهُ
وَعْدَهُ ۚ وَإِنَّ يَوْمًا عِندَ رَبِّكَ كَأَلْفِ
سَنَةٍ مِّمَّا تَعُدُّونَ ﴿٤٧﴾

48 ਕਿੰਨੀਆਂ ਹੀ (ਜ਼ਾਲਮ) ਬਸਤੀਆਂ ਨੂੰ ਅਸਾਂ ਢਿੱਲ ਦਿੱਤੀ ਜਦੋਂ ਕਿ ਉਹ ਜ਼ਾਲਮ ਸਨ ਫੇਰ ਅਸਾਂ ਉਹਨਾਂ ਨੂੰ ਫੜ ਲਿਆ। ਆਉਣਾ ਤਾਂ ਮੁੜ ਮੇਰੇ ਹੀ ਕੋਲ ਹੈ।

وَكَأَيِّن مِّن قَرْيَةٍ أَمْلَيْتُ لَهَا وَهِيَ ظَالِمَةٌ
ثُمَّ أَخَذْتُهَا وَإِلَيَّ الْمَصِيرُ ﴿٤٨﴾

49. (ਹੇ ਮੁਹੰਮਦ ਸ:!) ਆਖ ਦਿਓ! ਕਿ ਮੈਂ ਤਾਂ ਤੁਹਾਨੂੰ ਖੁੱਲਮ ਖੁੱਲ੍ਹਾ (ਰੱਬ ਦੇ ਅਜ਼ਾਬ ਤੋਂ) ਡਰਾਉਣ ਵਾਲਾ ਹਾਂ।

قُلْ يَا أَيُّهَا النَّاسُ إِنَّمَا أَنَا لَكُمْ نَذِيرٌ
مُّبِينٌ ﴿٤٩﴾

50. ਸੋ ਜੋ ਲੋਕ ਈਮਾਨ ਲਿਆਏ ਤੇ ਨੇਕ ਕੰਮ ਕਰਦੇ ਹਨ, ਉਹਨਾਂ ਲਈ ਬਖ਼ਸ਼ਿਸ਼ ਅਤੇ ਮਾਨ ਸੰਮਾਨ ਵਾਲੀ ਰੋਜ਼ੀ ਹੈ।

فَالَّذِيْنَ اٰمَنُوْا وَعَمِلُوا الصّٰلِحٰتِ لَهُمْ مَّغْفِرَةٌ وَّرِزْقٌ كَرِيْمٌ ﴿٥٠﴾

51 ਜਿਹੜੇ ਲੋਕੀ ਸਾਨੂੰ ਬੇਵੱਸ ਕਰਨ ਲਈ ਸਾਡੀਆਂ ਨਿਸ਼ਾਨੀਆਂ ਦੀ ਹੇਠੀ ਕਰਨ ਵਿਚ ਲੱਗੇ ਰਹਿੰਦੇ ਹਨ (ਭਾਵ ਹੁਕਮਾਂ ਦੀ ਉਲੰਘਣਾ ਕਰਦੇ ਹਨ), ਉਹੀ ਨਰਕੀ ਹਨ।

وَالَّذِيْنَ سَعَوْا فِيْٓ اٰيٰتِنَا مُعٰجِزِيْنَ اُولٰٓئِكَ اَصْحٰبُ الْجَحِيْمِ ﴿٥١﴾

52. (ਹੇ ਨਬੀ!) ਅਸੀਂ ਤੁਹਾਥੋਂ ਪਹਿਲਾਂ ਜੋ ਵੀ ਪੈਗ਼ੰਬਰ ਤੇ ਨਬੀ ਭੇਜੇ ਅਤੇ ਜਦੋਂ ਵੀ ਉਹ (ਰੱਬੀ ਕਲਾਮ ਦੀ) ਤਲਾਵਤ ਕਰਦੇ (ਭਾਵ ਪੜ੍ਹਦੇ) ਤਾਂ ਸ਼ੈਤਾਨ ਆਪਣੇ ਵੱਲੋਂ ਕੋਈ ਨਾ ਕੋਈ ਵਿਘਨ ਪਾ ਦਿੰਦਾ, ਪਰ ਅੱਲਾਹ ਸ਼ੈਤਾਨ ਵੱਲੋਂ ਪਾਏ ਹੋਏ ਵਿਘਨ ਨੂੰ ਮਿਟਾ ਦਿੰਦਾ। ਇੰਜ ਅੱਲਾਹ ਆਪਣੀ ਕਹੀ ਹੋਈ ਗੱਲ ਨੂੰ ਪੱਕੀ ਕਰਦਾ ਹੈ, ਕਿਉਂ ਜੋ ਅੱਲਾਹ ਹਿਕਮਤਾਂ ਵਾਲਾ ਹੈ, ਹਰ ਪ੍ਰਕਾਰ ਦੀ ਖ਼ਬਰ ਰੱਖਦਾ ਹੈ।

وَمَآ اَرْسَلْنَا مِنْ قَبْلِكَ مِنْ رَّسُوْلٍ وَّلَا نَبِيٍّ اِلَّآ اِذَا تَمَنّٰٓى اَلْقَى الشَّيْطٰنُ فِيْٓ اُمْنِيَّتِهٖ ۚ فَيَنْسَخُ اللّٰهُ مَا يُلْقِى الشَّيْطٰنُ ثُمَّ يُحْكِمُ اللّٰهُ اٰيٰتِهٖ ۗ وَاللّٰهُ عَلِيْمٌ حَكِيْمٌ ﴿٥٢﴾

53 ਇਹ ਇਸ ਲਈ ਹੁੰਦਾ ਹੈ ਤਾਂ ਜੋ ਸ਼ੈਤਾਨ ਵੱਲੋਂ ਪਾਈ ਜਾਣ ਵਾਲੀ ਖ਼ਰਾਬੀ ਨੂੰ ਅੱਲਾਹ ਉਹਨਾਂ ਲੋਕਾਂ ਨੂੰ ਅਜ਼ਮਾਉਣ ਦਾ ਸਾਧਨ ਬਣਾ ਸਕੇ, ਜਿਨ੍ਹਾਂ ਦੇ ਮਨਾਂ ਵਿਚ (ਕੁਫ਼ਰ ਦਾ) ਰੋਗ ਹੈ ਅਤੇ ਜਿਨ੍ਹਾਂ ਦੇ ਮਨ ਖੋਟੇ ਹਨ, ਉਹੀਓ ਜ਼ਾਲਮ ਲੋਕ (ਹੱਕ ਦੇ) ਵਿਰੋਧ ਵਿਚ ਕਾਫ਼ੀ ਅੱਗੇ ਜਾ ਚੁੱਕੇ ਹਨ।

لِّيَجْعَلَ مَا يُلْقِى الشَّيْطٰنُ فِتْنَةً لِّلَّذِيْنَ فِيْ قُلُوْبِهِمْ مَّرَضٌ وَّالْقَاسِيَةِ قُلُوْبُهُمْ ۗ وَاِنَّ الظّٰلِمِيْنَ لَفِيْ شِقَاقٍۢ بَعِيْدٍ ﴿٥٣﴾

54. ਤਾਂ ਜੋ ਜਿਨ੍ਹਾਂ ਲੋਕਾਂ ਨੂੰ ਗਿਆਨ ਦਿੱਤਾ ਗਿਆ ਸੀ ਉਹ ਜਾਣ ਲੈਣ ਕਿ ਇਹ (ਨਬੀ ਤੇ ਕੁਰਆਨ) ਰੱਬ ਵੱਲੋਂ ਹੱਕ 'ਤੇ ਆਧਾਰਿਤ ਹੈ। ਜੇ ਉਹ ਈਮਾਨ ਲਿਆਉਣ ਤਾਂ ਉਹਨਾਂ ਦੇ ਦਿਲ ਇਸ (ਹੱਕ) ਵੱਲ ਝੁਕ ਜਾਣਗੇ। ਬੇਸ਼ੱਕ ਅੱਲਾਹ ਈਮਾਨ ਵਾਲਿਆਂ ਨੂੰ ਸਿੱਧੀ ਰਾਹ ਵੱਲ ਸੇਧ ਦਿੰਦਾ ਹੈ।

وَّلِيَعْلَمَ الَّذِيْنَ اُوْتُوا الْعِلْمَ اَنَّهُ الْحَقُّ مِنْ رَّبِّكَ فَيُؤْمِنُوْا بِهٖ فَتُخْبِتَ لَهٗ قُلُوْبُهُمْ ۗ وَاِنَّ اللّٰهَ لَهَادِ الَّذِيْنَ اٰمَنُوْٓا اِلٰى صِرَاطٍ مُّسْتَقِيْمٍ ﴿٥٤﴾

55. ਕਾਫ਼ਿਰ ਇਸ ਵਹੀ (.ਕੁਰਆਨ) ਵਿਚ ਸਦਾ ਸ਼ੱਕ ਕਰਦੇ ਰਹਿਣਗੇ ਇੱਥੋਂ ਤਕ ਕਿ ਅਚਣਚੇਤ ਉਹਨਾਂ 'ਤੇ ਕਿਆਮਤ ਆ ਖੜੀ ਹੋਵੇਗੀ ਜਾਂ ਇਕ ਮਨਹੂਸ ਦਿਹਾੜੇ ਦਾ ਅਜ਼ਾਬ ਆ ਜਾਵੇਗਾ।

وَلَا يَزَالُ الَّذِينَ كَفَرُوا فِي مِرْيَةٍ مِّنْهُ حَتَّىٰ تَأْتِيَهُمُ السَّاعَةُ بَغْتَةً أَوْ يَأْتِيَهُمْ عَذَابُ يَوْمٍ عَقِيمٍ ﴿٥٥﴾

56. ਉਸ ਦਿਨ ਪਾਤਸ਼ਾਹੀ ਕੇਵਲ ਅੱਲਾਹ ਦੀ ਹੀ ਹੋਵੇਗੀ ਉਹੀਓ ਉਹਨਾਂ ਦੇ (ਕਰਮਾਂ ਦਾ) ਫ਼ੈਸਲੇ ਕਰੇਗਾ, ਈਮਾਨ ਤੇ ਨੇਕ ਕੰਮ ਕਰਨ ਵਾਲਿਆਂ ਨੂੰ ਨਿਅਮਤਾਂ ਭਰੀਆਂ ਜੰਨਤਾਂ ਮਿਲਣਗੀਆਂ।

الْمُلْكُ يَوْمَئِذٍ لِّلَّهِ يَحْكُمُ بَيْنَهُمْ ۚ فَالَّذِينَ آمَنُوا وَعَمِلُوا الصَّالِحَاتِ فِي جَنَّاتِ النَّعِيمِ ﴿٥٦﴾

57. ਅਤੇ ਜਿਨ੍ਹਾਂ ਨੇ ਕੁਫ਼ਰ ਕੀਤਾ ਅਤੇ ਸਾਡੀਆਂ ਆਇਤਾਂ (.ਕੁਰਆਨ) ਨੂੰ ਝੂਠ ਸਮਝਿਆ, ਉਹਨਾਂ ਲਈ ਜ਼ਲੀਲ ਕਰਨ ਵਾਲਾ ਅਜ਼ਾਬ ਹੈ।

وَالَّذِينَ كَفَرُوا وَكَذَّبُوا بِآيَاتِنَا فَأُولَٰئِكَ لَهُمْ عَذَابٌ مُّهِينٌ ﴿٥٧﴾

58. ਜਿਨ੍ਹਾਂ ਲੋਕਾਂ ਨੇ ਅੱਲਾਹ ਦੀ ਰਾਹ ਵਿਚ ਆਪਣਾ ਘਰ ਬਾਰ ਛੱਡਿਆ, ਉਹਨਾਂ ਨੂੰ ਕਤਲ ਵੀ ਕੀਤਾ ਗਿਆ ਜਾਂ ਮਰ ਗਏ, ਉਹਨਾਂ ਨੂੰ ਅੱਲਾਹ ਬਹੁਤ ਹੀ ਵਧੀਆ ਰੋਜ਼ੀ ਦੇਣ ਵਾਲਾ ਹੈ। ਬੇਸ਼ੱਕ ਅੱਲਾਹ ਸਭ ਤੋਂ ਵਧੀਆ ਰਿਜ਼ਕ ਦੇਣ ਵਾਲਾ ਹੈ।

وَالَّذِينَ هَاجَرُوا فِي سَبِيلِ اللَّهِ ثُمَّ قُتِلُوا أَوْ مَاتُوا لَيَرْزُقَنَّهُمُ اللَّهُ رِزْقًا حَسَنًا ۚ وَإِنَّ اللَّهَ لَهُوَ خَيْرُ الرَّازِقِينَ ﴿٥٨﴾

59. ਅੱਲਾਹ (ਉਹਨਾਂ ਨੂੰ) ਅਜਿਹੀ ਥਾਂ ਜ਼ਰੂਰ ਹੀ ਦਾਖ਼ਲ ਕਰੇਗਾ ਜਿਸ ਤੋਂ ਉਹ ਰਾਜ਼ੀ (ਸੰਤੁਸ਼ਟ) ਹੋ ਜਾਣਗੇ ਬੇਸ਼ੱਕ ਅੱਲਾਹ ਸਹਿਣਸ਼ੀਲਤਾ ਭਰਿਆ ਗਿਆਨ ਰੱਖਦਾ ਹੈ (ਭਾਵ ਸਜ਼ਾ ਦੇਣ ਵਿਚ ਛੇਤੀ ਨਹੀਂ ਕਰਦਾ)।

لَيُدْخِلَنَّهُم مُّدْخَلًا يَرْضَوْنَهُ ۗ وَإِنَّ اللَّهَ لَعَلِيمٌ حَلِيمٌ ﴿٥٩﴾

60 ਠੀਕ ਗੱਲ ਇਹ ਹੈ ਕਿ ਜੇਕਰ ਕੋਈ ਵਿਅਕਤੀ ਉੱਨਾ ਹੀ ਬਦਲਾ ਲਵੇ ਜਿੰਨਾ ਉਸ ਨਾਲ ਧੱਕਾ ਹੋਇਆ ਹੈ (ਤਾਂ ਠੀਕ ਹੈ) ਪਰ ਜੇ ਵਧੀਕੀ ਕਰੇ ਤਾਂ ਅੱਲਾਹ ਆਪ ਹੀ (ਉਸ ਮਜ਼ਲੂਮ) ਦੀ ਮਦਦ ਕਰੇਗਾ। ਬੇਸ਼ੱਕ ਅੱਲਾਹ ਮੁਆਫ਼ ਕਰਨ ਵਾਲਾ ਤੇ ਬਖ਼ਸ਼ਣਹਾਰ ਹੈ।

ذَٰلِكَ وَمَنْ عَاقَبَ بِمِثْلِ مَا عُوقِبَ بِهِ ثُمَّ بُغِيَ عَلَيْهِ لَيَنصُرَنَّهُ اللَّهُ ۗ إِنَّ اللَّهَ لَعَفُوٌّ غَفُورٌ ﴿٦٠﴾

61. ਅੱਲਾਹ ਰਾਤ ਨੂੰ ਦਿਨ ਵਿਚ ਅਤੇ ਦਿਨ ਨੂੰ ਰਾਤ ਵਿਚ ਦਾਖ਼ਲ ਕਰਦਾ ਹੈ। ਅੱਲਾਹ ਸਭ ਕੁੱਝ ਵੇਖਦਾ ਤੇ ਸੁਣਦਾ ਹੈ।

ذٰلِكَ بِأَنَّ اللّٰهَ يُوْلِجُ الَّيْلَ فِي النَّهَارِ وَيُوْلِجُ
النَّهَارَ فِي الَّيْلِ وَأَنَّ اللّٰهَ سَمِيْعٌۢ بَصِيْرٌ ﴿٦١﴾

62. ਬੇਸ਼ੱਕ ਅੱਲਾਹ ਹੀ ਹੱਕ ਹੈ ਅਤੇ ਇਸ ਤੋਂ ਛੁੱਟ ਜਿਸ ਨੂੰ ਵੀ ਉਹ (ਮਦਦ ਲਈ) ਪੁਕਾਰਦੇ ਹਨ ਉਹ ਸਭ ਝੂਠੇ ਹਨ, ਬੇਸ਼ੱਕ ਅੱਲਾਹ ਹੀ ਸਭ ਤੋਂ ਉੱਚ ਵਡਿਆਈ ਵਾਲਾ ਹੈ।

ذٰلِكَ بِأَنَّ اللّٰهَ هُوَ الْحَقُّ وَأَنَّ مَا يَدْعُوْنَ مِنْ
دُوْنِهٖ هُوَ الْبَاطِلُ وَأَنَّ اللّٰهَ هُوَ الْعَلِيُّ
الْكَبِيْرُ ﴿٦٢﴾

63. ਕੀ ਤੁਸੀਂ ਨਹੀਂ ਵੇਖਦੇ ਕਿ ਅੱਲਾਹ ਅਕਾਸ਼ ਤੋਂ (ਬੰਜਰ ਧਰਤੀ 'ਤੇ) ਪਾਣੀ ਬਰਸਾਉਂਦਾ ਹੈ, ਇਸ ਰਾਹੀਂ ਧਰਤੀ ਹਰੀ ਭਰੀ ਹੋ ਉੱਠਦੀ ਹੈ, ਬੇਸ਼ੱਕ ਅੱਲਾਹ ਹਰ ਗੱਲ ਨੂੰ ਬਰੀਕੀ ਨਾਲ ਜਾਣਦਾ ਹੈ।

أَلَمْ تَرَ أَنَّ اللّٰهَ أَنْزَلَ مِنَ السَّمَاءِ مَاءً فَتُصْبِحُ
الْأَرْضُ مُخْضَرَّةً ۗ إِنَّ اللّٰهَ لَطِيْفٌ خَبِيْرٌ ﴿٦٣﴾

64. ਅਕਾਸ਼ਾਂ ਅਤੇ ਧਰਤੀ ਵਿਚ ਜੋ ਕੁੱਝ ਵੀ ਹੈ ਸਭ ਉਸੇ ਦਾ ਹੀ ਹੈ ਅਤੇ ਬੇਸ਼ੱਕ ਅੱਲਾਹ ਉਹਨਾਂ ਸਾਰੀਆਂ ਚੀਜ਼ਾਂ ਤੋਂ ਬੇਪਰਵਾਹ ਤੇ ਸਲਾਹਿਆ ਹੋਇਆ ਹੈ।

لَهٗ مَا فِي السَّمٰوٰتِ وَمَا فِي الْأَرْضِ ۗ
وَإِنَّ اللّٰهَ لَهُوَ الْغَنِيُّ الْحَمِيْدُ ﴿٦٤﴾

65. ਕੀ ਤੁਸੀਂ ਨਹੀਂ ਵੇਖਦੇ ਕਿ ਅੱਲਾਹ ਨੇ ਧਰਤੀ ਦੀਆਂ ਸਾਰੀਆਂ ਚੀਜ਼ਾਂ ਤੁਹਾਡੇ ਅਧੀਨ ਕਰ ਛੱਡੀਆਂ ਹਨ, ਕਸ਼ਤੀਆਂ ਉਸੇ ਦੇ ਹੁਕਮ ਨਾਲ ਪਾਣੀ ਵਿਚ ਚਲਦੀਆਂ ਹਨ, ਅਕਾਸ਼ ਨੂੰ ਵੀ ਉਸੇ ਨੇ ਸਾਂਭਿਆ ਹੋਇਆ ਹੈ ਕਿ ਉਹ ਧਰਤੀ ਉੱਤੇ ਉਸ ਦੀ ਆਗਿਆ ਬਿਨਾਂ ਨਾ ਡਿੱਗੇ। ਬੇਸ਼ੱਕ ਅੱਲਾਹ ਲੋਕਾਂ ਨਾਲ ਮਿਹਰਬਾਨੀਆਂ ਸਦਕੇ ਨਰਮੀਆਂ ਕਰਦਾ ਹੈ।

أَلَمْ تَرَ أَنَّ اللّٰهَ سَخَّرَ لَكُمْ مَا فِي الْأَرْضِ
وَالْفُلْكَ تَجْرِيْ فِي الْبَحْرِ بِأَمْرِهٖ ۗ وَيُمْسِكُ
السَّمَاءَ أَنْ تَقَعَ عَلَى الْأَرْضِ إِلَّا بِإِذْنِهٖ ۗ
إِنَّ اللّٰهَ بِالنَّاسِ لَرَءُوْفٌ رَّحِيْمٌ ﴿٦٥﴾

66. ਅਤੇ ਤੁਹਾਨੂੰ ਜੀਵਨ ਵੀ ਉਸੇ ਨੇ ਬਖ਼ਸ਼ਿਆ ਹੈ ਅਤੇ ਉਹੀ ਤੁਹਾਨੂੰ ਮੌਤ ਦੇਵੇਗਾ, ਫੇਰ ਤੁਹਾਨੂੰ (ਕਿਆਮਤ ਦਿਹਾੜੇ) ਮੁੜ ਜੀਵਿਤ ਕਰੇਗਾ। ਪਰ ਮਨੁੱਖ (ਰੱਬ ਦੇ ਅਹਿਸਾਨਾਂ ਦੀ) ਨਾ-ਸ਼ੁਕਰੀ ਕਰਦਾ ਹੈ।

وَهُوَ الَّذِيْ أَحْيَاكُمْ ۖ ثُمَّ يُمِيْتُكُمْ ثُمَّ
يُحْيِيْكُمْ ۗ إِنَّ الْإِنْسَانَ لَكَفُوْرٌ ﴿٦٦﴾

67. ਹਰ ਉੱਮਤ ਲਈ ਅਸੀਂ ਇਬਾਦਤ ਕਰਨ ਦਾ ਇਕ ਵਿਸ਼ੇਸ਼ ਤਰੀਕਾ ਨਿਰਧਾਰਤ ਕੀਤਾ ਹੈ ਅਤੇ ਉਹ ਸਾਰੇ ਉਸ 'ਤੇ ਅਮਲ ਕਰਦੇ ਹਨ। ਸੋ (ਹੇ ਨਬੀ!) ਉਹਨਾਂ (ਕਾਫ਼ਿਰਾਂ) ਨੂੰ ਉਹਨਾਂ ਗੱਲਾਂ ਵਿਚ ਤੁਹਾਡੇ ਨਾਲ ਝਗੜਨਾ ਨਹੀਂ ਚਾਹੀਦਾ, ਤੁਸੀਂ ਲੋਕਾਂ ਨੂੰ ਆਪਣੇ ਰੱਬ ਵੱਲ ਬੁਲਾਓ, ਬੇਸ਼ੱਕ ਤੁਸੀਂ ਸਿੱਧੀ ਰਾਹ ਉੱਤੇ ਹੋ।

لِكُلِّ أُمَّةٍ جَعَلْنَا مَنسَكًا هُمْ نَاسِكُوهُ
فَلَا يُنَازِعُنَّكَ فِي الْأَمْرِ ۚ وَادْعُ إِلَىٰ رَبِّكَ ۖ
إِنَّكَ لَعَلَىٰ هُدًى مُّسْتَقِيمٍ ﴿٦٧﴾

68. ਜੇ ਫੇਰ ਵੀ ਇਹ ਕਾਫ਼ਿਰ ਤੁਹਾਡੇ ਨਾਲ ਉਲਝਦੇ ਹਨ ਤਾਂ (ਹੇ ਨਬੀ!) ਤੁਸੀਂ ਕਹਿ ਦਿਓ ਕਿ ਅੱਲਾਹ ਤੁਹਾਡੀਆਂ ਕਰਤੂਤਾਂ ਤੋਂ ਭਲੀ-ਭਾਂਤ ਜਾਣੂ ਹੈ।

وَإِن جَادَلُوكَ فَقُلِ اللَّهُ أَعْلَمُ بِمَا تَعْمَلُونَ ﴿٦٨﴾

69. ਬੇਸ਼ੱਕ ਕਿਆਮਤ ਦਿਹਾੜੇ ਅੱਲਾਹ ਉਹਨਾਂ ਸਾਰੀਆਂ ਗੱਲਾਂ ਦਾ ਨਿਪਟਾਰਾ ਕਰ ਦੇਵੇਗਾ, ਜਿਹੜੀਆਂ ਗੱਲਾਂ ਵਿਚ ਤੁਸੀਂ ਮਤ ਭੇਦ ਕਰ ਰਹੇ ਹਨ।

اللَّهُ يَحْكُمُ بَيْنَكُمْ يَوْمَ الْقِيَامَةِ فِيمَا
كُنتُمْ فِيهِ تَخْتَلِفُونَ ﴿٦٩﴾

70. ਕੀ ਤੁਸੀਂ (ਹੇ ਨਬੀ!) ਨਹੀਂ ਜਾਣਦੇ ਕਿ ਅਕਾਸ਼ਾਂ ਤੇ ਧਰਤੀ ਦੀ ਹਰ ਇਕ ਚੀਜ਼ ਅੱਲਾਹ ਦੇ ਗਿਆਨ ਵਿਚ ਹੈ ਅਤੇ ਇਹ ਸਭ ਕੁੱਝ ਇਕ ਲਿਖੀ ਹੋਈ ਕਿਤਾਬ ਵਿਚ ਦਰਜ ਹੈ। ਇਹ ਕੰਮ ਅੱਲਾਹ ਲਈ ਤਾਂ ਬਹੁਤ ਹੀ ਆਸਾਨ ਹੈ।

أَلَمْ تَعْلَمْ أَنَّ اللَّهَ يَعْلَمُ مَا فِي السَّمَاءِ وَالْأَرْضِ ۗ
إِنَّ ذَٰلِكَ فِي كِتَابٍ ۚ إِنَّ ذَٰلِكَ عَلَى اللَّهِ يَسِيرٌ ﴿٧٠﴾

71. ਇਹ (ਮੁਸ਼ਰਿਕ) ਅੱਲਾਹ ਨੂੰ ਛੱਡ ਕੇ ਉਹਨਾਂ ਦੀ ਪੂਜਾ ਕਰਦੇ ਹਨ ਜਿਸ ਦੇ ਲਈ ਕੋਈ ਰੱਬੀ ਦਲੀਲ ਨਹੀਂ ਅਤੇ ਨਾ ਹੀ ਉਹਨਾਂ ਨੂੰ ਇਸ ਦਾ ਕੋਈ ਗਿਆਨ ਹੈ। ਜ਼ਾਲਮਾਂ ਦਾ ਕੋਈ ਵੀ ਮਦਦਗਾਰ ਨਹੀਂ।

وَيَعْبُدُونَ مِن دُونِ اللَّهِ مَا لَمْ يُنَزِّلْ بِهِ
سُلْطَانًا وَمَا لَيْسَ لَهُم بِهِ عِلْمٌ ۗ وَمَا
لِلظَّالِمِينَ مِن نَّصِيرٍ ﴿٧١﴾

72. ਜਦੋਂ ਉਹਨਾਂ (ਕਾਫ਼ਿਰਾਂ) ਦੇ ਸਾਹਮਣੇ ਸਾਡੇ ਕਲਾਮ (ਕੁਰਆਨ) ਦੀਆਂ ਆਇਤਾਂ ਦੀ ਤਲਾਵਤ ਕੀਤੀ ਜਾਂਦੀ ਹੈ (ਭਾਵ ਪੜ੍ਹੀਆਂ ਜਾਂਦੀਆਂ ਹਨ) ਤਾਂ ਤੁਸੀਂ ਕਾਫ਼ਿਰਾਂ ਦੇ ਚਿਹਰਿਆਂ ਨੂੰ ਵਿਗੜਦੇ ਹੋਏ ਵੇਖੋਗੇ ਅਤੇ ਇੰਜ ਲੱਗਦਾ ਹੈ ਕਿ ਹੁਣੇ ਉਹ ਸਾਡੀਆਂ ਆਇਤਾਂ (ਰੱਬੀ ਕਲਾਮ ਕੁਰਆਨ)

وَإِذَا تُتْلَىٰ عَلَيْهِمْ آيَاتُنَا بَيِّنَاتٍ تَعْرِفُ فِي
وُجُوهِ الَّذِينَ كَفَرُوا الْمُنكَرَ ۖ يَكَادُونَ يَسْطُونَ
بِالَّذِينَ يَتْلُونَ عَلَيْهِمْ آيَاتِنَا ۗ قُلْ أَفَأُنَبِّئُكُم
بِشَرٍّ مِّن ذَٰلِكُمُ ۗ النَّارُ وَعَدَهَا اللَّهُ الَّذِينَ
كَفَرُوا ۖ وَبِئْسَ الْمَصِيرُ ﴿72﴾

ਸੁਣਾਉਣ ਵਾਲਿਆਂ ਉੱਤੇ ਹਮਲਾ ਕਰ ਦੇਣਗੇ। ਹੇ ਨਬੀ! ਉਹਨਾਂ ਨੂੰ ਆਖ ਦਿਓ ਕਿ ਮੈਂ ਤੁਹਾਨੂੰ ਇਸ ਤੋਂ ਵੀ ਭੈੜੀ ਖ਼ਬਰ ਦਿੰਦਾ ਹਾਂ ਕਿ ਉਹ ਇਕ ਅੱਗ ਹੈ ਜਿਸ ਦਾ ਵਾਅਦਾ ਅੱਲਾਹ ਨੇ ਕਾਫ਼ਿਰਾਂ ਨਾਲ ਕੀਤਾ ਹੋਇਆ ਹੈ, ਜਿਹੜੀ ਕਿ ਸਭ ਤੋਂ ਵੱਧ ਭੈੜੀ ਥਾਂ ਹੈ।

73. ਹੇ ਲੋਕੋ! (ਤੁਹਾਨੂੰ ਸਮਝਾਉਣ ਲਈ) ਇਕ ਉਦਾਹਰਨ ਦਿੱਤੀ ਜਾ ਰਹੀ ਹੈ ਸੋ ਤੁਸੀਂ ਧਿਆਨ ਨਾਲ ਸੁਣੋ। ਅੱਲਾਹ ਨੂੰ ਛੱਡ ਕੇ ਜਿਨ੍ਹਾਂ (ਇਸ਼ਟਾਂ) ਨੂੰ ਤੁਸੀਂ (ਮਦਦ ਲਈ) ਪੁਕਾਰ ਦੇ ਹੋ ਉਹ ਇਕ ਮੱਖੀ ਵੀ ਪੈਦਾ ਨਹੀਂ ਕਰ ਸਕਦੇ ਭਾਵੇਂ ਕਿ ਉਹ ਸਾਰੇ ਹੀ ਇਕੱਠੇ ਹੋ ਜਾਣ। ਜੇ ਉਹਨਾਂ (ਇਸ਼ਟਾਂ ਜਿਵੇਂ ਮੂਰਤੀਆਂ, ਕਬਰਾਂ) ਤੋਂ ਮੱਖੀ ਕੋਈ ਚੀਜ਼ ਖੋਹ ਕੇ ਲੈ ਜਾਵੇ ਤਾਂ ਇਹ ਉਸ ਤੋਂ ਖੋਹ ਨਹੀਂ ਸਕਦੇ। ਕਿੰਨਾ ਕਮਜ਼ੋਰ ਹੈ ਉਹਨਾਂ ਤੋਂ ਸਹਾਇਤਾ ਮੰਗਣ ਵਾਲਾ ਅਤੇ ਕਿੰਨਾ ਮੰਦਾ ਹੈ ਉਹ (ਇਸ਼ਟ), ਜਿਸ ਤੋਂ ਮਦਦ ਮੰਗੀ ਜਾਂਦੀ ਹੈ।

يَٰٓأَيُّهَا ٱلنَّاسُ ضُرِبَ مَثَلٌ فَٱسْتَمِعُوا۟ لَهُۥٓ ۚ إِنَّ
ٱلَّذِينَ تَدْعُونَ مِن دُونِ ٱللَّهِ لَن يَخْلُقُوا۟
ذُبَابًا وَلَوِ ٱجْتَمَعُوا۟ لَهُۥ ۖ وَإِن يَسْلُبْهُمُ
ٱلذُّبَابُ شَيْـًٔا لَّا يَسْتَنقِذُوهُ مِنْهُ ۚ
ضَعُفَ ٱلطَّالِبُ وَٱلْمَطْلُوبُ ﴿٧٣﴾

74 ਉਹਨਾਂ (ਮੁਸ਼ਰਿਕਾਂ) ਨੇ ਅੱਲਾਹ ਦੀ ਕਦਰ ਹੀ ਨਹੀਂ ਕੀਤੀ (ਜਿਵੇਂ ਕਿ ਉਸ ਦਾ ਹੱਕ ਬਣਦਾ ਸੀ)। ਜਦ ਕਿ ਅੱਲਾਹ ਤਾਂ ਬਹੁਤ ਹੀ ਜ਼ਬਰਦਸਤ ਤਾਕ਼ਤ ਰੱਖਦਾ ਹੈ।

مَا قَدَرُوا۟ ٱللَّهَ حَقَّ قَدْرِهِۦٓ ۗ إِنَّ ٱللَّهَ
لَقَوِىٌّ عَزِيزٌ ﴿٧٤﴾

75. ਅੱਲਾਹ ਕੁੱਝ ਫ਼ਰਿਸ਼ਤਿਆਂ ਵਿੱਚੋਂ ਅਤੇ ਕੁੱਝ ਮਨੁੱਖਾਂ ਵਿੱਚੋਂ ਵੀ ਆਪਣਾ ਪੈਗ਼ਾਮ ਪਹੁੰਚਾਉਣ ਵਾਲੇ ਚੁਣ ਲੈਂਦਾ ਹੈ ਬੇਸ਼ੱਕ ਅੱਲਾਹ ਸਭ ਕੁੱਝ ਵੇਖਦਾ ਅਤੇ ਸੁਣਦਾ ਹੈ।

ٱللَّهُ يَصْطَفِى مِنَ ٱلْمَلَٰٓئِكَةِ رُسُلًا وَمِنَ ٱلنَّاسِ ۚ
إِنَّ ٱللَّهَ سَمِيعٌۢ بَصِيرٌ ﴿٧٥﴾

76. ਉਹ ਸਭ ਜਾਣਦਾ ਹੈ ਜੋ ਉਹਨਾਂ ਦੇ ਅੱਗੇ ਹੈ ਅਤੇ ਜੋ ਉਹਨਾਂ ਦੇ ਪਿੱਛੇ ਹੈ ਅਤੇ ਸਾਰੇ ਕੰਮ ਅੱਲਾਹ ਵੱਲ ਹੀ ਪਰਤਾਏ ਜਾਂਦੇ ਹਨ।

يَعْلَمُ مَا بَيْنَ أَيْدِيهِمْ وَمَا خَلْفَهُمْ ۗ
وَإِلَى ٱللَّهِ تُرْجَعُ ٱلْأُمُورُ ﴿٧٦﴾

يَا أَيُّهَا الَّذِينَ آمَنُوا ارْكَعُوا وَاسْجُدُوا وَاعْبُدُوا
رَبَّكُمْ وَافْعَلُوا الْخَيْرَ لَعَلَّكُمْ تُفْلِحُونَ ۩ ﴿٧٧﴾

77. ਹੇ ਮੋਮਿਨੋ! (ਆਪਣੇ ਰੱਬ ਦੇ ਅੱਗੇ ਹੀ) ਝੁਕੋ ਅਤੇ ਸਿਜਦਾ ਕਰੋ ਅਤੇ ਆਪਣੇ ਪਾਲਣਹਾਰ ਦੀ ਹੀ ਬੰਦਗੀ ਕਰੋ ਅਤੇ ਭਲੇ ਕੰਮ ਕਰਦੇ ਰਹੋ ਤਾਂ ਜੋ ਤੁਹਾਨੂੰ ਸਫ਼ਲਤਾ ਪ੍ਰਾਪਤ ਹੋ ਸਕੇ।

وَجَاهِدُوا فِي اللَّهِ حَقَّ جِهَادِهِ ۚ هُوَ اجْتَبَاكُمْ
وَمَا جَعَلَ عَلَيْكُمْ فِي الدِّينِ مِنْ حَرَجٍ ۚ
مِلَّةَ أَبِيكُمْ إِبْرَاهِيمَ ۚ هُوَ سَمَّاكُمُ الْمُسْلِمِينَ
مِنْ قَبْلُ وَفِي هَٰذَا لِيَكُونَ الرَّسُولُ شَهِيدًا
عَلَيْكُمْ وَتَكُونُوا شُهَدَاءَ عَلَى النَّاسِ ۚ فَأَقِيمُوا
الصَّلَاةَ وَآتُوا الزَّكَاةَ وَاعْتَصِمُوا بِاللَّهِ هُوَ
مَوْلَاكُمْ ۖ فَنِعْمَ الْمَوْلَىٰ وَنِعْمَ النَّصِيرُ ﴿٧٨﴾

78. ਅਤੇ ਤੁਸੀਂ ਅੱਲਾਹ ਦੀ ਰਾਹ ਵਿਚ (ਜੀ ਜਾਨ ਨਾਲ) ਜਿਹਾਦ ਕਰੋ ਜਿਵੇਂ ਕਿ ਜਿਹਾਦ ਕਰਨ ਦਾ ਹੱਕ ਹੈ। ਉਸ ਨੇ ਤੁਹਾਨੂੰ ਆਪਣੇ ਦੀਨ (ਦੀ ਸੇਵਾ) ਲਈ ਚੁਣ ਲਿਆ ਹੈ ਅਤੇ ਉਸ ਨੇ ਦੀਨ ਵਿਚ ਤੁਹਾਡੇ ਲਈ ਕੋਈ ਔਖਿਆਈ ਨਹੀਂ ਰੱਖੀ।[1] ਆਪਣੇ ਪਿਓ ਇਬਰਾਹੀਮ ਦੇ ਦੀਨ ਦੀ ਪੈਰਵੀ ਕਰੋ। ਅੱਲਾਹ ਨੇ ਪਹਿਲਾਂ ਵੀ ਤੁਹਾਡਾ ਨਾਂ ਮੁਸਲਿਮ (ਆਗਿਆਕਾਰੀ) ਰੱਖਿਆ ਸੀ ਅਤੇ ਇਸ ਕੁਰਆਨ ਵਿਚ ਵੀ ਤੁਹਾਡਾ ਇਹੋ ਨਾਂ ਹੈ, ਤਾਂ ਜੋ ਰਸੂਲ ਤੁਹਾਡੇ ਲਈ ਤੁਹਾਡੇ ਉੱਤੇ ਗਵਾਹ ਹੋਵੇ ਅਤੇ ਤੁਸੀਂ ਲੋਕਾਂ ਉੱਤੇ ਗਵਾਹ ਹੋਵੋ। ਸੋ ਤੁਸੀਂ ਨਮਾਜ਼ ਕਾਇਮ ਕਰੋ, ਜ਼ਕਾਤ ਅਦਾ ਕਰੋ ਅਤੇ ਅੱਲਾਹ (ਦੇ ਹੁਕਮਾਂ) ਨੂੰ ਮਜ਼ਬੂਤੀ ਨਾਲ ਫੜੀ ਰੱਖਿਓ। ਉਹੀਓ ਤੁਹਾਡਾ ਕਾਰਜ ਸਾਧਕ ਹੈ, ਅਤੇ ਸਭ ਤੋਂ ਵਧੀਆ ਕਾਰਜ ਸਾਧਕ ਵੀ ਉਹੀਓ ਹੈ ਅਤੇ ਸਭ ਤੋਂ ਵਧੀਆ ਸਹਾਇਕ ਵੀ ਉਹੀਓ ਹੈ।

---

1 ਭਾਵ ਦੀਨ ਬਹੁਤ ਹੀ ਆਸਾਨ ਹੈ। ਨਬੀ (ਸ:) ਨੇ ਫ਼ਰਮਾਇਆ ਕਿ ਅੱਲਾਹ ਦਾ ਪਸੰਦੀਦਾ ਦੀਨ ਉਹ ਹੈ ਜਿਹੜਾ ਸਿੱਧਾ ਅਤੇ ਆਸਾਨ ਹੈ। ਆਪ (ਸ:) ਨੇ ਇਹ ਵੀ ਫ਼ਰਮਾਇਆ ਕਿ ਬੇਸ਼ੱਕ ਦੀਨ ਇਸਲਾਮ ਬਹੁਤ ਆਸਾਨ ਹੈ ਜਿਹੜਾ ਬੰਦਾ ਇਸ ਦੀਨ ਵਿਚ ਸਖ਼ਤੀ ਕਰੇਗਾ ਤਾਂ ਉਹ ਦੀਨ ਉਸ ਲਈ ਭਾਰੀ ਹੋ ਜਾਵੇਗਾ। ਸੋ ਤੁਸੀਂ ਵਿਚਕਾਰਲੀ ਰਾਹ ਇਖ਼ਤਿਆਰ ਕਰੋ ਅਤੇ ਚੰਗੇ ਅਮਲਾਂ ਨਾਲ ਅੱਲਾਹ ਦੇ ਨੇੜੇ ਹੋ ਜਾਓ ਅਤੇ ਚੰਗੇ ਬਦਲੇ ਦੀ ਉਮੀਦ ਰਖਦੇ ਹੋਏ ਜੋ ਤੁਹਾਨੂੰ ਦਿੱਤਾ ਜਾਵੇ ਉਸ ਤੇ ਖ਼ੁਸ਼ ਹੋ ਜਾ ਅਤੇ ਸਵੇਰੇ ਸ਼ਾਮ ਅਤੇ ਰਾਤ ਦੇ ਆਖ਼ਰੀ ਹਿੱਸੇ ਵਿਚ ਇਬਾਦਤ ਕਰਕੇ ਮਦਦ ਪ੍ਰਾਪਤ ਕਰੋ। (ਸਹੀ ਬੁਖ਼ਾਰੀ, ਹਦੀਸ: 39)

23. ਸੂਰਤ ਅਲ-ਮੋਮਿਨੂਨ (ਮੱਕੀ-74)

سُوْرَةُ الْمُؤْمِنُوْنَ

(ਆਇਤਾਂ 118, ਰੁਕੂਅ 6

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਬੇਸ਼ੱਕ ਉਹ ਈਮਾਨ ਵਾਲੇ (ਆਖ਼ਿਰਤ ਵਿਚ) ਜ਼ਰੂਰ ਕਾਮਯਾਬ ਹੋਣਗੇ।

قَدْ اَفْلَحَ الْمُؤْمِنُوْنَ ۝۱

2 ਜਿਹੜੇ ਆਪਣੀਆਂ ਨਮਾਜ਼ਾਂ ਵਿਚ ਆਜਜ਼ੀ (ਨਿਮਰਤਾ) ਧਾਰਨ ਕਰਦੇ ਹਨ।

الَّذِيْنَ هُمْ فِيْ صَلَاتِهِمْ خٰشِعُوْنَ ۝۲

3. ਜਿਹੜੇ ਵਿਅਰਥ ਗੱਲਾਂ ਤੋਂ ਦੂਰ ਰਹਿੰਦੇ ਹਨ।

وَالَّذِيْنَ هُمْ عَنِ اللَّغْوِ مُعْرِضُوْنَ ۝۳

4. ਜਿਹੜੇ ਜ਼ਕਾਤ ਅਦਾ ਕਰਦੇ ਹਨ।

وَالَّذِيْنَ هُمْ لِلزَّكٰوةِ فٰعِلُوْنَ ۝۴

5. ਜਿਹੜੇ ਆਪਣੇ ਗੁਪਤ ਅੰਗਾਂ ਦੀ ਰਾਖੀ ਕਰਦੇ ਹਨ।

وَالَّذِيْنَ هُمْ لِفُرُوْجِهِمْ حٰفِظُوْنَ ۝۵

6. ਛੁੱਟ ਆਪਣੀਆਂ ਪਤਨੀਆਂ ਤੋਂ ਜਾਂ ਉਹਨਾਂ ਇਸਤਰੀਆਂ ਤੋਂ ਜਿਨ੍ਹਾਂ ਦੇ ਉਹ ਮਾਲਿਕ ਹਨ, ਫੇਰ ਉਹਨਾਂ ਦੇ ਜ਼ਿੰਮੇ ਕੋਈ ਗੁਨਾਹ ਨਹੀਂ।

اِلَّا عَلٰٓى اَزْوَاجِهِمْ اَوْ مَا مَلَكَتْ اَيْمَانُهُمْ فَاِنَّهُمْ غَيْرُ مَلُوْمِيْنَ ۝۶

7. ਜਿਹੜਾ ਵਿਅਕਤੀ ਇਸ ਤੋਂ ਛੁੱਟ ਕਿਸੇ ਹੋਰ ਢੰਗ (ਨਾਲ ਆਪਣੀ ਕਾਮਵਾਸਨਾ ਪੂਰੀ ਕਰਨ) ਦੀ ਇੱਛਾ ਰੱਖਦਾ ਹੈ ਅਜਿਹੇ ਲੋਕ ਹੀ ਹੱਦੋਂ ਟੱਪਣ ਵਾਲੇ ਹਨ।

فَمَنِ ابْتَغٰى وَرَآءَ ذٰلِكَ فَاُولٰٓئِكَ هُمُ الْعٰدُوْنَ ۝۷

8. ਜਿਹੜੇ ਆਪਣੀਆਂ ਅਮਾਨਤਾਂ ਅਤੇ ਆਪਣੇ ਵਚਨਾਂ ਦੀ ਰਾਖੀ ਕਰਦੇ ਹਨ।

وَالَّذِيْنَ هُمْ لِاَمٰنٰتِهِمْ وَعَهْدِهِمْ رٰعُوْنَ ۝۸

9. ਜਿਹੜੇ ਆਪਣੀਆਂ ਨਮਾਜ਼ਾਂ ਦੀ ਦੇਖ ਭਾਲ ਕਰਦੇ ਹਨ।

وَالَّذِيْنَ هُمْ عَلٰى صَلَوٰتِهِمْ يُحَافِظُوْنَ ۝۹

10. ਇਹ (ਸਿਫ਼ਤਾਂ ਰੱਖਣ ਵਾਲੇ ਹੀ ਜੰਨਤ ਦੇ) ਵਾਰਸ ਹੋਣਗੇ।

أُولَٰئِكَ هُمُ الْوَارِثُونَ ١٠

11. ਉਹ ਉਸ ਜੰਨਤੇ ਫ਼ਿਰਦੌਸ ਦੇ ਵਾਰਸ ਹੋਣਗੇ ਜਿੱਥੇ ਉਹ ਸਦਾ ਰਹਿਣਗੇ।

الَّذِينَ يَرِثُونَ الْفِرْدَوْسَ هُمْ فِيهَا خَالِدُونَ ١١

12. ਅਸਾਂ ਮਨੁੱਖ ਨੂੰ ਮਿੱਟੀ ਦੇ ਸਤ ਤੋਂ ਪੈਦਾ ਕੀਤਾ।

وَلَقَدْ خَلَقْنَا الْإِنسَانَ مِن سُلَالَةٍ مِّن طِينٍ ١٢

13. ਫੇਰ ਅਸੀਂ ਉਸ ਨੂੰ ਇਕ ਸੁਰੱਖਿਅਤ ਥਾਂ (ਮਾਂ ਦੇ ਗਰਭ ਵਿਚ) ਵੀਰਜ ਬਣਾ ਕੇ ਰੱਖ ਦਿੱਤਾ।

ثُمَّ جَعَلْنَاهُ نُطْفَةً فِي قَرَارٍ مَّكِينٍ ١٣

14. ਫੇਰ ਅਸੀਂ ਉਸੇ ਵੀਰਜ ਨੂੰ ਜੰਮਿਆ ਹੋਇਆ ਖ਼ੂਨ (ਲੋਥ) ਬਣਾਇਆ ਫੇਰ ਜੰਮੇ ਹੋਏ ਖ਼ੂਨ ਨੂੰ ਲੋਥੜਾ ਬਣਾਇਆ, ਫੇਰ ਇਸ ਲੋਥੜੇ ਤੋਂ ਹੱਡੀਆਂ ਬਣਾਈਆਂ, ਫੇਰ ਹੱਡੀਆਂ 'ਤੇ ਮਾਸ ਚੜ੍ਹਾਇਆ ਫੇਰ ਉਸ ਵਿਚ (ਰੂਹ ਫੂਕ ਕੇ) ਇਕ ਹੋਰ ਹੀ ਰੂਪ ਬਣਾ ਦਿੱਤਾ। ਉਹ ਅੱਲਾਹ ਵਡੀਆਂ ਬਰਕਤਾਂ ਵਾਲਾ ਹੈ ਜਿਹੜਾ ਸਭ ਤੋਂ ਵਧੀਆ ਰਚਨਹਾਰ ਹੈ।[1]

ثُمَّ خَلَقْنَا النُّطْفَةَ عَلَقَةً فَخَلَقْنَا الْعَلَقَةَ
مُضْغَةً فَخَلَقْنَا الْمُضْغَةَ عِظَامًا فَكَسَوْنَا
الْعِظَامَ لَحْمًا ثُمَّ أَنشَأْنَاهُ خَلْقًا آخَرَ ۚ
فَتَبَارَكَ اللَّهُ أَحْسَنُ الْخَالِقِينَ ١٤

15. ਫੇਰ ਇਸ (ਪੈਦਾ ਹੋਣ) ਤੋਂ ਪਿੱਛੋਂ ਤੁਸੀਂ (ਸਾਰੇ ਇਕ ਦਿਨ) ਜ਼ਰੂਰ ਹੀ ਮਰ ਜਾਣ ਵਾਲੇ ਹੋ।

ثُمَّ إِنَّكُم بَعْدَ ذَٰلِكَ لَمَيِّتُونَ ١٥

16. ਫੇਰ ਤੁਸੀਂ ਸਾਰੇ (ਮਰੇ ਹੋਏ) ਲੋਕ ਕਿਆਮਤ ਵਾਲੇ ਦਿਨ ਮੁੜ ਉਠਾਏ ਜਾਓਗੇ।

ثُمَّ إِنَّكُمْ يَوْمَ الْقِيَامَةِ تُبْعَثُونَ ١٦

17. ਅਸੀਂ ਤੁਹਾਡੇ ਉੱਤੇ ਸਤ ਅਕਾਸ਼ ਬਣਾਏ। ਅਸੀਂ ਆਪਣੀ ਬਣਾਈਆਂ ਹੋਈਆਂ ਵਸਤੂਆਂ ਤੋਂ ਕੁੱਝ ਵੀ ਬੇਖ਼ਬਰ ਨਹੀਂ।

وَلَقَدْ خَلَقْنَا فَوْقَكُمْ سَبْعَ طَرَائِقَ وَمَا كُنَّا
عَنِ الْخَلْقِ غَافِلِينَ ١٧

18. ਅਸੀਂ ਇਕ ਵਿਸ਼ੇਸ਼ ਮਾਤਰਾ ਵਿਚ ਅਕਾਸ਼ੋਂ ਪਾਣੀ ਉਤਾਰਿਆ, ਫੇਰ ਉਸ (ਪਾਣੀ) ਨੂੰ ਧਰਤੀ

وَأَنزَلْنَا مِنَ السَّمَاءِ مَاءً بِقَدَرٍ فَأَسْكَنَّاهُ فِي
الْأَرْضِ ۖ وَإِنَّا عَلَىٰ ذَهَابٍ بِهِ لَقَادِرُونَ ١٨

[1] ਵੇਖੋ ਸੂਰਤ ਅਲ-ਹੱਜ, ਹਾਸ਼ਿਆ ਆਇਤ 5/22

ਵਿਚ ਰੋਕ ਛੱਡਿਆ। ਅਤੇ ਅਸੀਂ ਇਸ ਨੂੰ ਅਲੋਪ ਵੀ ਕਰ ਸਕਦੇ ਹਾਂ।

فَأَنشَأْنَا لَكُم بِهِۦ جَنَّٰتٍ مِّن نَّخِيلٍ وَأَعْنَٰبٍ لَّكُمْ فِيهَا فَوَٰكِهُ كَثِيرَةٌ وَمِنْهَا تَأْكُلُونَ ١٩

19. ਇਸੇ ਪਾਣੀ ਰਾਹੀਂ ਅਸੀਂ ਤੁਹਾਡੇ ਲਈ ਖਜੂਰਾਂ ਅਤੇ ਅੰਗੂਰਾਂ ਦੇ ਬਾਗ਼ ਉਗਾਏ, ਉਹਨਾਂ ਵਿਚ ਤੁਹਾਡੇ ਲਈ ਬਹੁਤ ਸਾਰੇ ਸੁਆਦਲੇ ਫਲ ਹਨ, ਉਹਨਾਂ ਵਿੱਚੋਂ ਕੁੱਝ (ਫਲਾਂ ਨੂੰ) ਤੁਸੀਂ ਖਾਂਦੇ ਹੋ।

وَشَجَرَةً تَخْرُجُ مِن طُورِ سَيْنَآءَ تَنۢبُتُ بِٱلدُّهْنِ وَصِبْغٍ لِّلْءَاكِلِينَ ٢٠

20 ਉਹ (ਜ਼ੈਤੂਨ ਦਾ) ਰੁੱਖ ਜਿਹੜਾ ਸੀਨਾ ਦੇ ਪਹਾੜਾਂ ਵਿਚ ਪੈਦਾ ਹੁੰਦਾ ਹੈ, ਉਹ ਖਾਣ ਵਾਲਿਆਂ ਲਈ ਤੇਲ ਤੇ ਸਾਲਣ ਲੈਕੇ ਉਗਦਾ ਹੈ।

وَإِنَّ لَكُمْ فِى ٱلْأَنْعَٰمِ لَعِبْرَةً نُّسْقِيكُم مِّمَّا فِى بُطُونِهَا وَلَكُمْ فِيهَا مَنَٰفِعُ كَثِيرَةٌ وَمِنْهَا تَأْكُلُونَ ٢١

21. ਬੇਸ਼ੱਕ ਤੁਹਾਡੇ ਲਈ ਪਸ਼ੂਆਂ ਵਿਚ ਵੀ ਇਕ ਸਿੱਖਿਆ ਹੈ। ਜੋ ਉਹਨਾਂ ਦੇ ਢਿੱਡਾਂ ਵਿਚ ਹੈ ਅਸੀਂ ਤੁਹਾਨੂੰ ਉਹ ਦੁੱਧ ਪਿਆਉਂਦੇ ਹਾਂ। ਉਹਨਾਂ ਪਸ਼ੂਆਂ ਵਿਚ ਤੁਹਾਡੇ ਲਈ ਅਨੇਕਾਂ ਹੀ ਲਾਭ ਹਨ, ਉਹਨਾਂ ਵਿੱਚੋਂ ਕਈਆਂ ਨੂੰ ਤੁਸੀਂ ਖਾਂਦੇ ਵੀ ਹੋ।

وَعَلَيْهَا وَعَلَى ٱلْفُلْكِ تُحْمَلُونَ ٢٢

22 ਉਹਨਾਂ (ਪਸ਼ੂਆਂ) ਉੱਤੇ ਅਤੇ ਬੇੜੀਆਂ ਉੱਤੇ ਤੁਸੀਂ ਲੋਕ ਸਵਾਰ ਵੀ ਹੁੰਦੇ ਹੋ।

وَلَقَدْ أَرْسَلْنَا نُوحًا إِلَىٰ قَوْمِهِۦ فَقَالَ يَٰقَوْمِ ٱعْبُدُوا۟ ٱللَّهَ مَا لَكُم مِّنْ إِلَٰهٍ غَيْرُهُۥٓ ۖ أَفَلَا تَتَّقُونَ ٢٣

23 ਬੇਸ਼ੱਕ ਅਸੀਂ ਨੂਹ ਨੂੰ ਉਸੇ ਦੀ ਕੌਮ ਵੱਲ (ਰਸੂਲ ਬਣਾ ਕੇ) ਭੇਜਿਆ। ਉਹਨਾਂ ਨੇ ਕਿਹਾ ਕਿ ਹੇ ਮੇਰੀ ਕੌਮ! ਅੱਲਾਹ ਦੀ ਬੰਦਗੀ ਕਰੋ, ਇਸ ਤੋਂ ਛੁੱਟ ਤੁਹਾਡਾ ਹੋਰ ਕੋਈ ਇਸ਼ਟ ਨਹੀਂ। ਕੀ ਤੁਸੀਂ (ਅੱਲਾਹ ਤੋਂ) ਨਹੀਂ ਡਰਦੇ?

فَقَالَ ٱلْمَلَؤُا۟ ٱلَّذِينَ كَفَرُوا۟ مِن قَوْمِهِۦ مَا هَٰذَآ إِلَّا بَشَرٌ مِّثْلُكُمْ يُرِيدُ أَن يَتَفَضَّلَ عَلَيْكُمْ وَلَوْ شَآءَ ٱللَّهُ لَأَنزَلَ مَلَٰٓئِكَةً مَّا سَمِعْنَا بِهَٰذَا فِىٓ ءَابَآئِنَا ٱلْأَوَّلِينَ ٢٤

24. ਉਸ ਦੀ ਕੌਮ ਦੇ ਸਰਦਾਰ, ਜਿਨ੍ਹਾਂ ਨੇ ਕੁਫ਼ਰ ਕੀਤਾ ਸੀ, (ਕੌਮ ਨੂੰ) ਆਖਣ ਲੱਗੇ ਕਿ ਇਹ (ਨੂਹ) ਤਾਂ ਤੁਹਾਡੇ ਜਿਹਾ ਹੀ ਇਕ ਵਿਅਕਤੀ ਹੈ, ਇਹ ਤਾਂ ਤੁਹਾਡੇ ਉੱਤੇ ਸਰਦਾਰੀ ਕਰਨਾ ਚਾਹੁੰਦਾ ਹੈ। ਜੇ ਅੱਲਾਹ ਚਾਹੁੰਦਾ ਤਾਂ ਕਿਸੇ ਫ਼ਰਿਸ਼ਤੇ ਨੂੰ (ਨਬੀ ਬਣਾ ਕੇ) ਭੇਜਦਾ। ਅਸੀਂ ਤਾਂ ਅਜਿਹੀ (ਗੱਲ) ...

ਦੀ) ਗੱਲ ਆਪਣੇ ਪਿਓ ਦਾਦੇ ਦੇ ਸਮੇਂ ਤੋਂ ਕਦੇ ਸੁਣੀ ਹੀ ਨਹੀਂ

25 (ਅਤੇ ਆਖਿਆ) ਇਹ ਇਕ ਮਨੁੱਖ ਹੀ ਤਾਂ ਹੈ ਜਿਸ ਨੂੰ ਜੁਨੂਨ ਹੋ ਗਿਆ ਹੈ, ਤੁਸੀਂ ਕੁੱਝ ਸਮੇਂ ਲਈ ਉਡੀਕ ਕਰ ਲਓ (ਹੋ ਸਕਦਾ ਹੈ ਕਿ ਠੀਕ ਹੋ ਜਾਵੇ)।

إِنْ هُوَ إِلَّا رَجُلٌ بِهِ جِنَّةٌ فَتَرَبَّصُوا بِهِ حَتَّىٰ حِينٍ ﴿٢٥﴾

26 ਨੂਹ ਨੇ ਕਿਹਾ ਕਿ ਹੇ ਰੱਬਾ, ਤੂੰ ਮੇਰੀ ਸਹਾਇਤਾ ਕਰ, ਉਹਨਾਂ ਨੇ ਮੈਨੂੰ ਝੁਠਲਾਇਆ ਹੈ।

قَالَ رَبِّ انْصُرْنِي بِمَا كَذَّبُونِ ﴿٢٦﴾

27 ਅਸੀਂ ਉਸ (ਨੂਹ) ਵੱਲ ਇਕ ਵਹੀ (ਪੈਗ਼ਾਮ) ਭੇਜੀ ਕਿ ਤੂੰ ਸਾਡੀ ਦੇਖ ਰੇਖ ਵਿਚ ਸਾਡੀ ਵਹੀ (ਆਦੇਸ਼) ਅਨੁਸਾਰ ਇਕ ਬੇੜੀ ਤਿਆਰ ਕਰ। ਜਦੋਂ ਸਾਡਾ ਹੁਕਮ ਆ ਜਾਵੇ ਅਤੇ ਤੰਦੂਰ ਉੱਬਲ ਪਵੇ (ਭਾਵ ਧਰਤੀ ਵਿਚ ਪਾਣੀ ਹੜ੍ਹ ਵਾਂਗ ਨਿਕਲ ਆਵੇ) ਤਾਂ ਤੂੰ ਹਰੇਕ ਭਾਂਤ ਦੇ ਜਾਨਵਰਾਂ ਦਾ ਇਕ ਇਕ (ਨਰ-ਮਦੀਨ ਦਾ) ਜੋੜਾ ਅਤੇ ਆਪਣੇ ਪਰਿਵਾਰ ਨੂੰ ਇਸ ਬੇੜੀ ਵਿਚ ਸਵਾਰ ਕਰ ਲੈ। ਪਰੰਤੂ ਉਸ ਨੂੰ ਸਵਾਰ ਨਹੀਂ ਕਰਨਾ, ਜਿਸ ਦੇ ਸੰਬੰਧ ਵਿਚ ਅਸੀਂ ਪਹਿਲਾਂ ਹੀ ਫ਼ੈਸਲਾ ਦੇ ਚੁੱਕੇ ਹਾਂ (ਭਾਵ ਨੂਹ ਦੀ ਪਤਨੀ ਜਿਹੜੀ ਕਾਫ਼ਿਰਾਂ ਦਾ ਸਾਥ ਦੇ ਰਹੀ ਸੀ)। ਜਿਨ੍ਹਾਂ ਨੇ ਜ਼ੁਲਮ ਕੀਤਾ ਹੈ, ਉਹਨਾਂ ਬਾਰੇ ਮੇਰੇ ਨਾਲ ਕੋਈ ਗੱਲ ਨਹੀਂ ਕਰਨੀ। ਉਹ ਤਾਂ ਸਾਰੇ ਹੀ ਡੋਬ ਦਿੱਤੇ ਜਾਣਗੇ।

فَأَوْحَيْنَا إِلَيْهِ أَنِ اصْنَعِ الْفُلْكَ بِأَعْيُنِنَا وَوَحْيِنَا فَإِذَا جَاءَ أَمْرُنَا وَفَارَ التَّنُّورُ ۙ فَاسْلُكْ فِيهَا مِنْ كُلٍّ زَوْجَيْنِ اثْنَيْنِ وَأَهْلَكَ إِلَّا مَنْ سَبَقَ عَلَيْهِ الْقَوْلُ مِنْهُمْ ۖ وَلَا تُخَاطِبْنِي فِي الَّذِينَ ظَلَمُوا ۖ إِنَّهُمْ مُغْرَقُونَ ﴿٢٧﴾

28 (ਅਤੇ ਆਖਿਆ) ਜਦੋਂ ਤੂੰ (ਨੂਹ) ਅਤੇ ਤੇਰੇ ਸਾਥੀ ਬੇੜੀ ਉੱਤੇ ਸਵਾਰ ਹੋ ਜਾਣ ਤਾਂ ਕਹਿਣਾ ਕਿ ਸਾਰੀਆਂ ਤਾਰੀਫ਼ਾਂ ਤੇ ਸ਼ੁਕਰਾਨੇ ਉਸ ਅੱਲਾਹ ਲਈ ਹੀ ਹਨ ਜਿਸ ਨੇ ਸਾਨੂੰ ਜ਼ਾਲਮਾਂ ਤੋਂ ਮੁਕਤ ਕਰਵਾਇਆ।

فَإِذَا اسْتَوَيْتَ أَنْتَ وَمَنْ مَعَكَ عَلَى الْفُلْكِ فَقُلِ الْحَمْدُ لِلَّهِ الَّذِي نَجَّانَا مِنَ الْقَوْمِ الظَّالِمِينَ ﴿٢٨﴾

29. ਅਤੇ ਕਹਿਣਾ ਕਿ ਹੇ ਮੇਰੇ ਮਾਲਿਕ! ਮੈਨੂੰ ਬਰਕਤਾਂ ਵਾਲੀ ਥਾਂ ਉਤਾਰ ਅਤੇ ਤੂੰਹੀਓ ਸਭ ਤੋਂ ਵਧੀਆ (ਥਾਂ) ਉਤਾਰਨ ਵਾਲਾ ਹੈ।

وَقُلْ رَّبِّ اَنْزِلْنِىْ مُنْزَلًا مُّبٰرَكًا وَّ اَنْتَ خَيْرُ الْمُنْزِلِيْنَ ﴿٢٩﴾

30. ਇਸ ਕਿੱਸੇ ਵਿਚ ਵੱਡੀਆਂ ਨਿਸ਼ਾਨੀਆਂ ਹਨ। ਬੇਸ਼ੱਕ ਅਸੀਂ ਹੀ (ਲੋਕਾਂ ਦੀ) ਪਰੀਖਿਆ ਲੈਣ ਵਾਲੇ ਹਾਂ।

اِنَّ فِىْ ذٰلِكَ لَاٰيٰتٍ وَّاِنْ كُنَّا لَمُبْتَلِيْنَ ﴿٣٠﴾

31. ਫੇਰ ਅਸੀਂ ਉਹਨਾਂ (ਨੂਹ ਦੀ ਕੌਮ) ਮਗਰੋਂ ਇਕ ਹੋਰ ਉੱਮਤ (ਕੌਮ) ਨੂੰ ਪੈਦਾ ਕੀਤਾ।

ثُمَّ اَنْشَاْنَا مِنْۢ بَعْدِهِمْ قَرْنًا اٰخَرِيْنَ ﴿٣١﴾

32. ਅਸੀਂ ਉਹਨਾਂ ਵਿੱਚੋਂ ਹੀ ਉਹਨਾਂ ਵੱਲ ਇਕ ਰਸੂਲ ਘੱਲਿਆ (ਇਹ ਕਹਿਣ ਲਈ) ਕਿ ਤੁਸੀਂ ਸਾਰੇ ਅੱਲਾਹ ਦੀ ਹੀ ਇਬਾਦਤ ਕਰੋ, ਇਸ ਤੋਂ ਛੁੱਟ ਤੁਹਾਡਾ ਹੋਰ ਕੋਈ ਇਸ਼ਟ ਨਹੀਂ। ਤੁਸੀਂ (ਰੱਬ ਦੇ ਅਜ਼ਾਬ ਤੋਂ) ਕਿਉਂ ਨਹੀਂ ਡਰਦੇ?

فَاَرْسَلْنَا فِيْهِمْ رَسُوْلًا مِّنْهُمْ اَنِ اعْبُدُوا اللّٰهَ مَا لَكُمْ مِّنْ اِلٰهٍ غَيْرُهٗ ؕ اَفَلَا تَتَّقُوْنَ ﴿٣٢﴾

33. ਕੌਮ ਦੇ ਉਹ ਸਰਦਾਰ, ਜਿਨ੍ਹਾਂ ਨੇ (ਰਸੂਲ) ਮੰਨਣ ਤੋਂ ਨਾ ਕਰ ਦਿੱਤੀ ਸੀ ਅਤੇ ਪਰਲੋਕ ਦੀ ਮੁਲਾਕਾਤ ਨੂੰ ਝੂਠ ਆਖਦੇ ਸੀ, ਉਹਨਾਂ ਨੂੰ ਅਸੀਂ ਸੰਸਾਰਿਕ ਜੀਵਨ ਦੀ ਖ਼ੁਸ਼ਹਾਲੀ ਵੀ ਦੇ ਛੱਡੀ ਸੀ, (ਕੌਮ ਨੂੰ ਆਖਣ ਲੱਗੇ) ਕਿ ਇਹ ਰਸੂਲ ਤਾਂ ਤੁਹਾਡੇ ਵਰਗਾ ਹੀ ਇਕ ਮਨੁੱਖ ਹੈ। ਜੋ ਤੁਸੀਂ ਖਾਂਦੇ ਹੋ ਉਹਨਾਂ ਚੀਜ਼ਾਂ ਨੂੰ ਇਹ ਵੀ ਖਾਂਦਾ ਹੈ ਅਤੇ ਜਿਹੜਾ ਪਾਣੀ ਤੁਸੀਂ ਪੀਂਦੇ ਹੋ ਉਹੀਓ ਇਹ ਪੀਂਦਾ ਹੈ।

وَقَالَ الْمَلَاُ مِنْ قَوْمِهِ الَّذِيْنَ كَفَرُوْا وَكَذَّبُوْا بِلِقَآءِ الْاٰخِرَةِ وَاَتْرَفْنٰهُمْ فِى الْحَيٰوةِ الدُّنْيَا ۙ مَا هٰذَآ اِلَّا بَشَرٌ مِّثْلُكُمْ ۙ يَاْكُلُ مِمَّا تَاْكُلُوْنَ مِنْهُ وَيَشْرَبُ مِمَّا تَشْرَبُوْنَ ﴿٣٣﴾

34. ਜੇ ਤੁਸੀਂ ਆਪਣੇ ਜਿਹੇ ਮਨੁੱਖ ਦੇ ਆਖੇ ਲੱਗ ਗਏ ਤਾਂ ਬੇਸ਼ੱਕ ਇਸ ਸਮੇਂ ਤੁਸੀਂ ਘਾਟੇ ਵਿਚ ਰਹੋਗੇ।

وَلَئِنْ اَطَعْتُمْ بَشَرًا مِّثْلَكُمْ اِنَّكُمْ اِذًا لَّخٰسِرُوْنَ ﴿٣٤﴾

35. ਕੀ ਇਹ ਰਸੂਲ ਤੁਹਾਨੂੰ ਇਹ ਵਚਨ ਦਿੰਦਾ ਹੈ ਕਿ ਜਦੋਂ ਤੁਸੀਂ ਮਰ ਜਾਓਗੇ ਅਤੇ ਮਿੱਟੀ ਤੇ ਹੱਡੀਆਂ ਹੋ ਕੇ ਰਹਿ ਜਾਓਗੇ ਤਾਂ ਫੇਰ (ਕਬਰਾਂ ਵਿੱਚੋਂ ਕੱਢ ਕੇ) ਮੁੜ ਜੀਵਿਤ ਕੀਤੇ ਜਾਓਗੇ?

اَيَعِدُكُمْ اَنَّكُمْ اِذَا مِتُّمْ وَكُنْتُمْ تُرَابًا وَّعِظَامًا اَنَّكُمْ مُّخْرَجُوْنَ ﴿٣٥﴾

36 ਜਿਹੜਾ ਵਚਨ ਤੁਹਾਨੂੰ ਦਿੱਤਾ ਜਾ ਰਿਹਾ ਹੈ ਉਹ ਪੂਰਾ ਹੋਣਾ ਅਸੰਭਵ ਹੈ।

هَيْهَاتَ هَيْهَاتَ لِمَا تُوعَدُونَ ٣٦

37. ਇਹੋ ਸਾਡਾ ਸੰਸਾਰਿਕ ਜੀਵਨ (ਹੀ ਤਾਂ ਸਭ ਕੁੱਝ) ਹੈ, ਜਿੱਥੇ ਅਸੀਂ ਮਰਦੇ ਤੇ ਜਿਊਂਦੇ ਰਹਿੰਦੇ ਹਾਂ ਅਤੇ ਸਾਨੂੰ ਮੁੜ ਉਠਾਇਆ ਨਹੀਂ ਜਾਵੇਗਾ।

إِنْ هِيَ إِلَّا حَيَاتُنَا الدُّنْيَا نَمُوتُ وَنَحْيَا وَمَا نَحْنُ بِمَبْعُوثِينَ ٣٧

38. ਉਹ ਇਕ ਮਨੁੱਖ ਹੀ ਤਾਂ ਹੈ ਜਿਸ ਨੇ (ਅੱਲਾਹ) 'ਤੇ ਝੂਠ ਜੜ ਦਿੱਤਾ ਹੈ, ਅਸੀਂ ਤਾਂ ਇਸ ਦੀਆਂ ਗੱਲਾਂ ਨੂੰ ਮੰਨਣ ਵਾਲੇ ਨਹੀਂ।

إِنْ هُوَ إِلَّا رَجُلٌ افْتَرَىٰ عَلَى اللَّهِ كَذِبًا وَمَا نَحْنُ لَهُ بِمُؤْمِنِينَ ٣٨

39. ਨਬੀ ਨੇ ਦੁਆ ਕੀਤੀ ਕਿ ਹੇ ਮੇਰੇ ਰੱਬਾ, ਉਹਨਾਂ ਨੇ ਮੈਨੂੰ ਝੁਠਲਾਇਆ ਹੈ, ਸੋ ਹੁਣ ਤੂੰ ਮੇਰੀ ਮਦਦ ਕਰ।

قَالَ رَبِّ انْصُرْنِي بِمَا كَذَّبُونِ ٣٩

40. ਅੱਲਾਹ ਨੇ ਫ਼ਰਮਾਇਆ ਕਿ ਇਹ (ਕਾਫ਼ਿਰ) ਛੇਤੀ ਹੀ (ਆਪਣੀਆਂ ਕਰਤੂਤਾਂ ਲਈ) ਪਛਤਾਉਣਗੇ।

قَالَ عَمَّا قَلِيلٍ لَيُصْبِحُنَّ نَادِمِينَ ٤٠

41 ਅੰਤ ਬਣਦੇ ਹੱਕ ਅਨੁਸਾਰ ਇਕ ਤੇਜ਼ ਚੀਕ ਨੇ ਉਹਨਾਂ ਨੂੰ ਆ ਨੱਪਿਆ ਅਤੇ ਅਸੀਂ ਉਹਨਾਂ ਨੂੰ ਕੂੜਾ-ਕਚਰਾ ਬਣਾ ਕੇ ਸੁੱਟ ਦਿੱਤਾ। ਸੋ ਜ਼ਾਲਮਾਂ ਲਈ ਲਾਅਨਤ ਹੈ।

فَأَخَذَتْهُمُ الصَّيْحَةُ بِالْحَقِّ فَجَعَلْنَاهُمْ غُثَاءً ۚ فَبُعْدًا لِلْقَوْمِ الظَّالِمِينَ ٤١

42 ਉਹਨਾਂ ਤੋਂ ਮਗਰੋਂ ਅਸੀਂ ਹੋਰ ਵੀ ਕਈ ਉੱਮਤਾਂ (ਕੌਮਾਂ) ਨੂੰ ਪੈਦਾ ਕੀਤਾ।

ثُمَّ أَنْشَأْنَا مِنْ بَعْدِهِمْ قُرُونًا آخَرِينَ ٤٢

43 ਨਾ ਕੋਈ ਉੱਮਤ ਆਪਣੇ ਮਿਥੇ ਸਮੇਂ ਤੋਂ ਅੱਗੇ ਲੰਘ ਸਕਦੀ ਹੈ (ਭਾਵ ਜਿਊਂਦੀ ਰਹਿ ਸਕਦੀ ਹੈ) ਅਤੇ ਨਾ ਹੀ ਉਹ ਪਿੱਛੇ ਰਹਿ ਸਕਦੀ ਹੈ (ਭਾਵ ਮਰ ਸਕਦੀ ਹੈ)।

مَا تَسْبِقُ مِنْ أُمَّةٍ أَجَلَهَا وَمَا يَسْتَأْخِرُونَ ٤٣

44 ਅਸੀਂ ਨਾਲੋ-ਨਾਲ ਰਸੂਲ ਭੇਜਦੇ ਰਹੇ ਹਾਂ, ਜਦ ਵੀ ਕਿਸੇ ਉੱਮਤ ਕੋਲ ਉਹਨਾਂ ਦਾ ਰਸੂਲ ਆਇਆ ਤਾਂ ਉਸ (ਉੱਮਤ) ਨੇ ਉਸ ਨੂੰ ਝੁਠਲਾਇਆ। ਅਸੀਂ ਇਕ ਤੋਂ ਬਾਅਦ ਦੂਜੀ ਉੱਮਤ ਨੂੰ ਹਲਾਕ ਕਰਦੇ

ثُمَّ أَرْسَلْنَا رُسُلَنَا تَتْرَىٰ ۖ كُلَّ مَا جَاءَ أُمَّةً رَسُولُهَا كَذَّبُوهُ ۚ فَأَتْبَعْنَا بَعْضَهُمْ بَعْضًا وَجَعَلْنَاهُمْ أَحَادِيثَ ۚ فَبُعْدًا لِقَوْمٍ لَا يُؤْمِنُونَ ٤٤

ਗਏ ਅਤੇ ਉਹ (ਕੌਮਾਂ) ਕੇਵਲ ਕਹਾਣੀ ਬਣ ਕੇ ਰਹਿ ਗਈਆਂ। ਉਹਨਾਂ ਲੋਕਾਂ ਲਈ ਫਿਟਕਾਰ ਹੈ ਜਿਹੜੇ ਈਮਾਨ ਨਹੀਂ ਲਿਆਉਂਦੇ।

ثُمَّ أَرْسَلْنَا مُوسَىٰ وَأَخَاهُ هَارُونَ بِآيَاتِنَا وَسُلْطَانٍ مُّبِينٍ ﴿45﴾

45. ਅਸੀਂ ਮੂਸਾ ਅਤੇ ਉਸ ਦੇ ਭਰਾ ਹਾਰੂਨ ਨੂੰ ਆਪਣੀਆਂ ਨਿਸ਼ਾਨੀਆਂ ਅਤੇ ਖੁੱਲ੍ਹੀਆਂ ਦਲੀਲਾਂ ਦੇਕੇ ਭੇਜਿਆ।

إِلَىٰ فِرْعَوْنَ وَمَلَئِهِ فَاسْتَكْبَرُوا وَكَانُوا قَوْمًا عَالِينَ ﴿46﴾

46. ਅਸਾਂ ਫ਼ਿਰਔਨ ਅਤੇ ਉਸ ਦੇ ਸਰਦਾਰਾਂ ਵੱਲ (ਮੂਸਾ ਤੇ ਹਾਰੂਨ ਨੂੰ) ਭੇਜਿਆ, ਪਰ ਉਹਨਾਂ ਨੇ ਹੰਕਾਰ ਕੀਤਾ, ਉਹ ਸਰਕਸ਼ (ਬਾਗ਼ੀ) ਲੋਕ ਸੀ।

فَقَالُوا أَنُؤْمِنُ لِبَشَرَيْنِ مِثْلِنَا وَقَوْمُهُمَا لَنَا عَابِدُونَ ﴿47﴾

47. ਉਹ (ਫ਼ਿਰਔਨ ਅਤੇ ਉਸ ਦੇ ਸਾਥੀ) ਕਹਿਣ ਲੱਗੇ ਕਿ ਕੀ ਅਸੀਂ ਆਪਣੇ ਹੀ ਵਰਗੇ ਦੋ ਵਿਅਕਤੀਆਂ 'ਤੇ ਈਮਾਨ ਲਿਆਈਏ? ਜਦੋਂ ਕਿ ਉਹਨਾਂ ਦੀ ਕੌਮ ਸਾਡੀ ਗ਼ੁਲਾਮ ਹੈ।

فَكَذَّبُوهُمَا فَكَانُوا مِنَ الْمُهْلَكِينَ ﴿48﴾

48. ਬਸ ਫੇਰ ਉਹਨਾਂ (ਫ਼ਿਰਔਨੀਆਂ) ਨੇ ਉਹਨਾਂ ਨੂੰ (ਰਸੂਲ) ਮੰਨਣ ਤੋਂ ਇਨਕਾਰ ਕਰ ਦਿੱਤਾ ਅਤੇ ਉਹ ਵੀ ਤਬਾਹ ਹੋਣ ਵਾਲਿਆਂ ਵਿੱਚੋਂ ਹੋ ਗਏ।

وَلَقَدْ آتَيْنَا مُوسَى الْكِتَابَ لَعَلَّهُمْ يَهْتَدُونَ ﴿49﴾

49. ਅਸੀਂ ਮੂਸਾ ਨੂੰ ਕਿਤਾਬ (ਤੌਰੈਤ) ਵੀ ਦਿੱਤੀ ਸੀ, ਤਾਂ ਜੋ ਉਹ ਲੋਕ ਸਿੱਧੇ ਰਾਹ ਉੱਤੇ ਆ ਜਾਣ।

وَجَعَلْنَا ابْنَ مَرْيَمَ وَأُمَّهُ آيَةً وَآوَيْنَاهُمَا إِلَىٰ رَبْوَةٍ ذَاتِ قَرَارٍ وَمَعِينٍ ﴿50﴾

50. ਅਸੀਂ ਮਰੀਅਮ ਦੇ ਪੁੱਤਰ (ਈਸਾ) ਨੂੰ ਅਤੇ ਉਸ ਦੀ ਮਾਂ (ਮਰੀਅਮ) ਨੂੰ (ਕੁਦਰਤ ਦੀ) ਇਕ ਨਿਸ਼ਾਨੀ ਬਣਾਇਆ ਅਤੇ ਉਹਨਾਂ ਦੋਵਾਂ (ਮਾਂ ਅਤੇ ਪੁੱਤਰ) ਨੂੰ ਉੱਚੀ ਪਾਕ ਥਾਂ 'ਤੇ ਠਹਿਰਾਇਆ, ਜਿੱਥੇ ਚਸ਼ਮੇ ਵਗਦੇ ਸੀ।

يَا أَيُّهَا الرُّسُلُ كُلُوا مِنَ الطَّيِّبَاتِ وَاعْمَلُوا صَالِحًا ۖ إِنِّي بِمَا تَعْمَلُونَ عَلِيمٌ ﴿51﴾

51. ਅੱਲਾਹ ਨੇ ਫ਼ਰਮਾਇਆ ਕਿ ਹੇ ਪੈਗ਼ੰਬਰੋ! ਪਾਕ ਚੀਜ਼ਾਂ ਖਾਓ ਅਤੇ ਨੇਕ ਕੰਮ ਕਰੋ, ਤੁਸੀਂ ਜੋ ਵੀ ਕਰ ਰਹੇ ਹੋ ਮੈਂ ਉਸ ਤੋਂ ਭਲੀ-ਭਾਂਤ ਜਾਣੂ ਹਾਂ।

وَإِنَّ هَٰذِهِۦٓ أُمَّتُكُمْ أُمَّةً وَٰحِدَةً وَأَنَا۠ رَبُّكُمْ
فَٱتَّقُونِ ٥٢

52. ਅਤੇ ਤੁਹਾਡੇ ਸਾਰੇ (ਰਸੂਲਾਂ) ਦੀ ਇਕ ਹੀ ਉੱਮਤ ਭਾਵ ਧਰਮ ਹੈ ਅਤੇ ਮੈਂ ਹੀ ਤੁਹਾਡੇ ਸਭ ਦਾ ਰੱਬ ਹਾਂ, ਸੋ ਮੈਥੋਂ ਹੀ ਡਰੋ।

فَتَقَطَّعُوٓا۟ أَمْرَهُم بَيْنَهُمْ زُبُرًا ۖ كُلُّ حِزْبٍۭ بِمَا
لَدَيْهِمْ فَرِحُونَ ٥٣

53 ਕੁੱਝ ਸਮੇਂ ਬਾਅਦ ਉਹਨਾਂ ਨੇ ਆਪਣੇ ਦੀਨ ਨੂੰ ਆਪੋ ਵਿਚਾਲੇ ਟੋਟੇ-ਟੋਟੇ ਕਰ ਛੱਡਿਆ। ਹਰ ਧੜ੍ਹਾ ਉਸ ਵਿਚ ਮਸਤ ਹੈ ਜਿਹੜਾ ਉਸ ਦੇ ਕੋਲ ਹੈ।[1]

فَذَرْهُمْ فِى غَمْرَتِهِمْ حَتَّىٰ حِينٍ ٥٤

54. ਬਸ (ਹੇ ਨਬੀ!) ਤੁਸੀਂ ਵੀ ਕੁੱਝ ਸਮੇਂ ਲਈ ਉਹਨਾਂ ਨੂੰ ਮਸਤੀ ਵਿਚ ਰਹਿਣ ਦਿਓ।

أَيَحْسَبُونَ أَنَّمَا نُمِدُّهُم بِهِۦ مِن مَّالٍ وَبَنِينَ ٥٥

55. ਕੀ ਉਹ ਇਹ ਸਮਝਦੇ ਹਨ ਕਿ ਜਿਹੜਾ ਵੀ ਅਸੀਂ ਉਹਨਾਂ ਦੇ ਮਾਲ ਅਤੇ ਔਲਾਦ ਵਿਚ ਵਾਧਾ ਕਰ ਰਹੇ ਹਾਂ।

نُسَارِعُ لَهُمْ فِى ٱلْخَيْرَٰتِ ۚ بَل لَّا يَشْعُرُونَ ٥٦

56. ਤਾਂ ਕੀ ਅਸੀਂ ਉਹਨਾਂ ਲਈ ਭਲਾਈਆਂ ਕਰਨ ਵਿਚ ਛੇਤੀ ਕਰ ਰਹੇ ਹਾਂ? ਇੰਜ ਨਹੀਂ, ਸਗੋਂ ਇਹ ਲੋਕ (ਹਕੀਕਤ ਨੂੰ) ਸਮਝਦੇ ਹੀ ਨਹੀਂ।

إِنَّ ٱلَّذِينَ هُم مِّنْ خَشْيَةِ رَبِّهِم مُّشْفِقُونَ ٥٧

57 ਜਿਹੜੇ ਲੋਕ ਆਪਣੇ ਰੱਬ ਦੇ ਗੁੱਸੇ ਤੋਂ ਡਰਦੇ ਹਨ।

وَٱلَّذِينَ هُم بِـَٔايَٰتِ رَبِّهِمْ يُؤْمِنُونَ ٥٨

58. ਅਤੇ ਜਿਹੜੇ ਆਪਣੇ ਰੱਬ ਦੀਆਂ ਆਇਤਾਂ (ਕੁਰਆਨ) ਨੂੰ ਮੰਨਦੇ ਹਨ।

وَٱلَّذِينَ هُم بِرَبِّهِمْ لَا يُشْرِكُونَ ٥٩

59 ਅਤੇ ਜਿਹੜੇ ਆਪਣੇ ਰੱਬ ਨਾਲ ਕਿਸੇ ਨੂੰ ਸ਼ਰੀਕ ਨਹੀਂ ਕਰਦੇ।

وَٱلَّذِينَ يُؤْتُونَ مَآ ءَاتَوا۟ وَّقُلُوبُهُمْ وَجِلَةٌ
أَنَّهُمْ إِلَىٰ رَبِّهِمْ رَٰجِعُونَ ٦٠

60. ਅਤੇ ਜਿਹੜੇ (ਰੱਬ ਦੀ ਰਾਹ ਵਿਚ) ਜੋ ਵੀ ਬਣਦਾ ਸਰਦਾ ਹੈ ਦਿੰਦੇ ਹਨ ਉਹਨਾਂ ਦੇ ਦਿਲ ਕੰਬਦੇ ਹਨ ਕਿ ਜਾਣਾ ਤਾਂ ਉਹਨਾਂ ਨੇ ਆਪਣੇ ਰੱਬ ਵੱਲ ਹੀ ਹੈ।[2]

---

1 ਵੇਖੋ ਸੂਰਤ ਆਲੇ ਇਮਰਾਨ, ਹਾਸ਼ਿਆ ਆਇਤ 103/3

2 ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਉਹ ਲੋਕ ਜਿਹੜੇ ਰੋਜ਼ਾ ਰੱਖਦੇ ਹਨ, ਨਮਾਜ਼ ਪੜ੍ਹਦੇ ਹਨ ਅਤੇ ਜ਼ਕਾਤ ਵੀ ਦਿੰਦੇ ਹਨ ਉਹ ਇਸ ਗੱਲ ਤੋਂ ਡਰੇ ਰਹਿੰਦੇ ਹਨ ਕਿ ਕੀਤੇ ਅੱਲਾਹ ਉਹਨਾਂ ਦੇ ਅਮਲਾਂ ਨੂੰ ਕਬੂਲ ਹੀ ਨਾ ਕਰੇ। ਇਹੋ ਲੋਕ ਭਲਾਈਆਂ ਕਰਨ ਵਿਚ ਛੇਤੀ ਕਰਦੇ ਹਨ। (ਤਿਰਮਜ਼ੀ ਸ਼ਰੀਫ਼, ਹਦੀਸ 3175)

61. ਇਹ ਉਹ ਹਨ ਜਿਹੜੇ ਨੇਕੀਆਂ ਕਰਨ ਵਿਚ ਛੇਤੀ ਕਰਦੇ ਅਤੇ ਭਲਾਈਆਂ ਵੱਲ ਇਕ ਦੂਜੇ ਤੋਂ ਅੱਗੇ ਜਾਣ ਵਾਲੇ ਹਨ।

أولئك يسارعون في الخيرات وهم لها سابقون ﴿61﴾

62. ਅਸੀਂ ਕਿਸੇ ਵਿਅਕਤੀ ਨੂੰ ਉਸ ਦੀ ਹਿੰਮਤ ਤੋਂ ਵੱਧ (ਕਰਮ ਕਰਨ ਦੀ) ਤਕਲੀਫ਼ ਨਹੀਂ ਦਿੰਦੇ ਅਤੇ ਸਾਡੇ ਕੋਲ ਇਕ ਅਜਿਹੀ ਕਿਤਾਬ (ਕਰਮਪਤ੍ਰੀ) ਹੈ ਜੋ (ਹਰੇਕ ਦਾ ਹਾਲ) ਇੰਨ ਬਿੰਨ ਦੱਸ ਦੇਵੇਗੀ। ਸੋ ਕਿਸੇ ਨਾਲ ਵੀ ਕੋਈ ਧੱਕਾ ਨਹੀਂ ਹੋਵੇਗਾ।

ولا نكلف نفسا إلا وسعها ولدينا كتاب ينطق بالحق وهم لا يظلمون ﴿62﴾

63. ਜਦ ਕਿ ਉਹਨਾਂ (ਕਾਫ਼ਿਰਾਂ) ਦੇ ਦਿਲ ਇਸ (ਕੁਰਆਨ) ਤੋਂ ਬੇਪਰਵਾਹ ਹਨ ਅਤੇ (ਇਸ ਬੇਪਰਵਾਹੀ) ਤੋਂ ਛੁੱਟ ਹੋਰ ਵੀ ਵਧੇਰੇ (ਭੈੜੇ) ਕੰਮ ਹਨ ਜਿਨ੍ਹਾਂ ਨੂੰ ਉਹ ਕਰਨ ਵਾਲੇ ਹਨ।

بل قلوبهم في غمرة من هذا ولهم أعمال من دون ذلك هم لها عاملون ﴿63﴾

64. ਇੱਥੋਂ ਤੀਕ ਕਿ ਜਦੋਂ ਅਸੀਂ ਉਹਨਾਂ ਦੇ ਖਾਂਦੇ ਪੀਂਦੇ ਲੋਕਾਂ ਨੂੰ ਅਜ਼ਾਬ ਵਿਚ ਫੜਾਂਗੇ ਫੇਰ ਉਹ ਉਸ ਸਮੇਂ ਰੋਣ ਪੀਟਣਗੇ।

حتى إذا أخذنا مترفيهم بالعذاب إذا هم يجأرون ﴿64﴾

65 (ਉਹਨਾਂ ਨੂੰ ਕਿਹਾ ਜਾਵੇਗਾ ਕਿ) ਅੱਜ ਹਾਏ ਦੁਹਾਈ ਨਾ ਕਰੋ, ਸਾਡੇ ਵੱਲੋਂ ਤੁਹਾਨੂੰ ਕੁੱਝ ਵੀ ਮਦਦ ਨਹੀਂ ਪਹੁੰਚੇਗੀ।

لا تجأروا اليوم إنكم منا لا تنصرون ﴿65﴾

66. (ਕਿਹਾ ਜਾਵੇਗਾ ਕਿ) ਜਦੋਂ ਸਾਡੀਆਂ ਆਇਤਾਂ ਤੁਹਾਡੇ ਸਾਹਮਣੇ ਪੜ੍ਹੀਆਂ ਜਾਂਦੀਆਂ ਸਨ ਤਾਂ ਤੁਸੀਂ ਪਿਛਲੇ ਪੈਰੀਂ ਨੱਠ ਜਾਂਦੇ ਸੀ।

قد كانت آياتي تتلى عليكم فكنتم على أعقابكم تنكصون ﴿66﴾

67. ਘਮੰਡ ਕਰਦੇ ਸੀ ਅਤੇ ਇਸ (ਕੁਰਆਨ) ਨੂੰ ਕਿੱਸਾ ਕਹਾਣੀ ਕਹਿੰਦੇ ਹੋਏ ਬਕਵਾਸ ਕਰਦੇ ਸੀ।

مستكبرين به سامرا تهجرون ﴿67﴾

68. ਕੀ ਉਹਨਾਂ (ਕਾਫ਼ਿਰਾਂ) ਨੇ ਕਦੇ ਇਸ (ਕੁਰਆਨ) 'ਤੇ ਸੋਚ ਵਿਚਾਰ ਕੀਤਾ ਹੀ ਨਹੀਂ? ਜਾਂ ਉਹਨਾਂ ਕੋਲ ਉਹ ਚੀਜ਼ ਆ ਗਈ ਹੈ ਜਿਹੜੀ ਉਹਨਾਂ ਦੇ ਪਿਓ ਦਾਦਿਆਂ ਕੋਲ ਨਹੀਂ ਸੀ ਆਈ?

أفلم يدبروا القول أم جاءهم ما لم يأت آباءهم الأولين ﴿68﴾

أَمْ لَمْ يَعْرِفُوا رَسُولَهُمْ فَهُمْ لَهُ مُنكِرُونَ ﴿٦٩﴾

69. ਜਾਂ ਉਹਨਾਂ ਨੇ ਆਪਣੇ ਪੈਗ਼ੰਬਰ (ਮੁਹੰਮਦ ਸ:) ਨੂੰ ਪਛਾਣਿਆ ਹੀ ਨਹੀਂ ਜਿਸ ਲਈ ਉਸ ਦੇ ਇਨਕਾਰੀ ਹੋ ਰਹੇ ਹਨ।

أَمْ يَقُولُونَ بِهِ جِنَّةٌ ۚ بَلْ جَاءَهُم بِالْحَقِّ
وَأَكْثَرُهُمْ لِلْحَقِّ كَارِهُونَ ﴿٧٠﴾

70. ਇਹ ਕਾਫ਼ਿਰ ਆਖਦੇ ਹਨ ਕਿ ਇਹ (ਮੁਹੰਮਦ) ਤਾਂ ਪਾਗਲ ਹੈ ਜਦ ਕਿ ਉਹ ਤਾਂ ਉਹਨਾਂ ਦੇ ਕੋਲ ਹੱਕ ਲੈ ਕੇ ਆਇਆ ਹੈ ਅਤੇ ਉਹਨਾਂ ਵਿੱਚੋਂ ਬਹੁਤੇ ਤਾਂ ਹੱਕ ਨੂੰ ਨਾ-ਪਸੰਦ ਕਰਦੇ ਹਾਂ।

وَلَوِ اتَّبَعَ الْحَقُّ أَهْوَاءَهُمْ لَفَسَدَتِ السَّمَاوَاتُ
وَالْأَرْضُ وَمَن فِيهِنَّ ۚ بَلْ أَتَيْنَاهُم بِذِكْرِهِمْ
فَهُمْ عَن ذِكْرِهِم مُّعْرِضُونَ ﴿٧١﴾

71. ਜੇ ਹੱਕ (ਧਰਮ) ਹੀ ਉਹਨਾਂ ਦੀਆਂ ਇੱਛਾਵਾਂ ਦੇ ਅਧੀਨ ਹੋ ਜਾਵੇ ਤਾਂ ਧਰਤੀ, ਅਕਾਸ਼ ਅਤੇ ਉਹਨਾਂ ਵਿਚਾਲੇ ਦੀ ਹਰੇਕ ਚੀਜ਼ ਉਥਲ-ਪੁਥਲ ਹੋ ਜਾਵੇ। ਸੱਚ ਤਾਂ ਇਹ ਹੈ ਕਿ ਅਸੀਂ ਉਹਨਾਂ ਲਈ ਨਸੀਹਤ (ਭਾਵ ਕੁਰਆਨ) ਲਿਆਏ ਹਾਂ, ਪਰ ਉਹ ਆਪਣੀ ਹੀ ਨਸੀਹਤ ਤੋਂ ਮੂੰਹ ਮੋੜਦੇ ਹਨ।

أَمْ تَسْأَلُهُمْ خَرْجًا فَخَرَاجُ رَبِّكَ خَيْرٌ ۖ
وَهُوَ خَيْرُ الرَّازِقِينَ ﴿٧٢﴾

72. (ਹੇ ਨਬੀ!) ਕੀ ਤੁਸੀਂ ਉਹਨਾਂ ਤੋਂ ਕੋਈ ਬਦਲਾ ਚਾਹੁੰਦੇ ਹੋ, ਬਦਲਾ ਤਾਂ ਤੁਹਾਡੇ ਰੱਬ ਵੱਲੋਂ ਹੀ ਵਧੀਆ ਮਿਲੇਗਾ ਅਤੇ ਉਹੀਓ ਸਭ ਤੋਂ ਵਧੀਆ ਰਾਜ਼ਿਕ (ਬਦਲਾ ਦੇਣ ਵਾਲਾ) ਹੈ।

وَإِنَّكَ لَتَدْعُوهُمْ إِلَىٰ صِرَاطٍ مُّسْتَقِيمٍ ﴿٧٣﴾

73. (ਹੇ ਪੈਗ਼ੰਬਰ ਮੁਹੰਮਦ ਸ:!) ਤੁਸੀਂ ਤਾਂ ਉਹਨਾਂ ਨੂੰ ਸਿੱਧੀ ਰਾਹ ਵੱਲ ਬੁਲਾ ਰਹੇ ਹੋ।

وَإِنَّ الَّذِينَ لَا يُؤْمِنُونَ بِالْآخِرَةِ عَنِ الصِّرَاطِ
لَنَاكِبُونَ ﴿٧٤﴾

74. ਪ੍ਰੰਤੂ ਜਿਹੜੇ ਲੋਕੀ ਆਖ਼ਿਰਤ 'ਤੇ ਵਿਸ਼ਵਾਸ ਨਹੀਂ ਰੱਖਦੇ ਉਹ ਸਿੱਧੀ ਰਾਹ ਤੋਂ ਮੂੰਹ ਮੋੜ ਲੈਂਦੇ ਹਨ।

وَلَوْ رَحِمْنَاهُمْ وَكَشَفْنَا مَا بِهِم مِّن ضُرٍّ لَّلَجُّوا
فِي طُغْيَانِهِمْ يَعْمَهُونَ ﴿٧٥﴾

75. ਜੇ ਅਸੀਂ ਉਹਨਾਂ (ਇਨਕਾਰੀਆਂ) ਉੱਤੇ ਮਿਹਰਾਂ ਕਰੀਏ ਅਤੇ ਉਹਨਾਂ ਦੀਆਂ ਤਕਲੀਫ਼ਾਂ ਦੂਰ ਕਰ ਦਈਏ ਫੇਰ ਵੀ ਉਹ ਆਪਣੀ ਸਰਕਸ਼ੀ 'ਤੇ ਅੜੇ ਰਹਿਣਗੇ ਅਤੇ ਭਟਕੇ ਫਿਰਨਗੇ।

76. ਜਦੋਂ ਅਸੀਂ ਉਹਨਾਂ ਨੂੰ ਅਜ਼ਾਬ ਦੇ ਘੇਰੇ ਵਿਚ ਫੜ੍ਹਿਆ ਸੀ ਫੇਰ ਵੀ ਇਹ ਲੋਕ ਆਪਣੇ ਪਾਲਣਹਾਰ ਅੱਗੇ ਨਹੀਂ ਝੁੱਕੇ ਅਤੇ ਨਾ ਹੀ ਨਿਮਰਤਾ ਧਾਰਨ ਕੀਤੀ।

وَلَقَدْ أَخَذْنَاهُم بِالْعَذَابِ فَمَا اسْتَكَانُوا لِرَبِّهِمْ وَمَا يَتَضَرَّعُونَ ﴿٧٦﴾

77. ਇੱਥੋਂ ਤੀਕ ਕਿ ਜਦੋਂ ਅਸੀਂ ਉਹਨਾਂ ਲਈ ਕਰੜੇ ਅਜ਼ਾਬ ਦਾ ਬੂਹਾ ਖੋਲ੍ਹ ਦਿੱਤਾ ਤਾਂ ਉਸੇ ਸਮੇਂ ਉਹ ਨਿਰਾਸ਼ ਹੋ ਗਏ।

حَتَّىٰ إِذَا فَتَحْنَا عَلَيْهِم بَابًا ذَا عَذَابٍ شَدِيدٍ إِذَا هُمْ فِيهِ مُبْلِسُونَ ﴿٧٧﴾

78. ਉਹ ਅੱਲਾਹ ਹੀ ਹੈ ਜਿਸ ਨੇ ਤੁਹਾਨੂੰ ਕੰਨ, ਅੱਖਾਂ ਅਤੇ ਦਿਲ ਦੀਆਂ ਸ਼ਕਤੀਆਂ ਬਖ਼ਸ਼ੀਆਂ, ਪਰ ਤੁਸੀਂ ਲੋਕ ਬਹੁਤ ਹੀ ਘੱਟ ਧੰਨਵਾਦੀ ਹੁੰਦੇ ਹੋ।

وَهُوَ الَّذِي أَنشَأَ لَكُمُ السَّمْعَ وَالْأَبْصَارَ وَالْأَفْئِدَةَ ۚ قَلِيلًا مَّا تَشْكُرُونَ ﴿٧٨﴾

79. ਅਤੇ ਉਸੇ ਨੇ ਤੁਹਾਨੂੰ ਧਰਤੀ 'ਤੇ ਫੈਲਾਇਆ ਹੈ ਅਤੇ ਉਸੇ ਵੱਲ ਤੁਸੀਂ ਸਾਰੇ ਇਕੱਠੇ ਕੀਤੇ ਜਾਵੋਗੇ।

وَهُوَ الَّذِي ذَرَأَكُمْ فِي الْأَرْضِ وَإِلَيْهِ تُحْشَرُونَ ﴿٧٩﴾

80. ਅਤੇ ਇਹ (ਅੱਲਾਹ) ਉਹੀਓ ਹੈ ਜਿਹੜਾ ਜੀਵਨ ਦਿੰਦਾ ਹੈ ਅਤੇ ਮੌਤ ਦਿੰਦਾ ਹੈ ਅਤੇ ਰਾਤ ਤੇ ਦਿਨ ਦਾ ਉਲਟ ਫੇਰ ਉਸੇ ਨੇ ਹੀ ਪੈਦਾ ਕੀਤਾ ਹੈ। ਕੀ ਤੁਸੀਂ ਫੇਰ ਵੀ ਨਹੀਂ ਸਮਝਦੇ?

وَهُوَ الَّذِي يُحْيِي وَيُمِيتُ وَلَهُ اخْتِلَافُ اللَّيْلِ وَالنَّهَارِ ۚ أَفَلَا تَعْقِلُونَ ﴿80﴾

81. ਸਗੋਂ ਉਹਨਾਂ ਲੋਕਾਂ ਨੇ ਵੀ ਉਹੀਓ ਗੱਲ ਆਖੀ ਜਿਹੜੀ ਉਹਨਾਂ ਤੋਂ ਪਹਿਲਾਂ ਦੇ ਲੋਕਾਂ ਨੇ ਆਖੀਆਂ ਸਨ।

بَلْ قَالُوا مِثْلَ مَا قَالَ الْأَوَّلُونَ ﴿٨١﴾

82. ਕਿ ਜਦੋਂ ਅਸੀਂ ਮਰ ਕੇ ਮਿੱਟੀ ਅਤੇ ਹੱਡੀ ਹੋ ਜਾਵਾਂਗੇ, ਕੀ ਫੇਰ ਵੀ ਸਾਨੂੰ (ਜਿਉਂਦਾ ਕਰਕੇ) ਉਠਾਇਆ ਜਾਵੇਗਾ?

قَالُوا أَإِذَا مِتْنَا وَكُنَّا تُرَابًا وَعِظَامًا أَإِنَّا لَمَبْعُوثُونَ ﴿82﴾

83. ਸਾਥੋਂ ਵੀ ਅਤੇ ਸਾਥੋਂ ਪਹਿਲਾਂ ਅਤੇ ਸਾਡੇ ਪਿਓ ਦਾਦਿਆਂ ਤੋਂ ਵੀ ਪਹਿਲਾਂ ਤੋਂ ਇਹੋ (ਮੁੜ ਜੀਵਿਤ ਹੋਣ ਦਾ) ਵਾਅਦਾ ਹੁੰਦਾ ਆ ਰਿਹਾ ਹੈ, ਇਹ ਕੁੱਝ ਵੀ ਨਹੀਂ, ਇਹ ਤਾਂ ਕੇਵਲ ਪਹਿਲੇ ਲੋਕਾਂ ਦੇ ਕਿੱਸੇ ਕਹਾਣੀਆਂ ਹਨ।

لَقَدْ وُعِدْنَا نَحْنُ وَآبَاؤُنَا هَٰذَا مِن قَبْلُ إِنْ هَٰذَا إِلَّا أَسَاطِيرُ الْأَوَّلِينَ ﴿83﴾

84. (ਹੇ ਨਬੀ!) ਤੁਸੀਂ ਉਹਨਾਂ ਤੋਂ ਪੁੱਛੋ ਕਿ ਧਰਤੀ ਅਤੇ ਇਸ ਦੀਆਂ ਕੁੱਲ ਚੀਜ਼ਾਂ ਕਿਸ ਦੀਆਂ ਹਨ? ਜੇ ਤੁਸੀਂ ਜਾਣਦੇ ਹੋ ਤਾਂ ਦੱਸੋ?

قُلْ لِّمَنِ الْأَرْضُ وَمَنْ فِيهَا إِنْ كُنْتُمْ تَعْلَمُونَ ﴿٨٤﴾

85. ਇਹ ਆਖਣਗੇ ਕਿ ਇਹ ਸਭ ਅੱਲਾਹ ਦੀ ਹੀ (ਮਲਕੀਅਤ) ਹੈ। ਤੁਸੀਂ ਆਖੋ ਕਿ ਫੇਰ ਤੁਸੀਂ ਨਸੀਹਤ ਗ੍ਰਹਿਣ ਕਿਉਂ ਨਹੀਂ ਕਰਦੇ?

سَيَقُولُونَ لِلَّهِ ۚ قُلْ أَفَلَا تَذَكَّرُونَ ﴿٨٥﴾

86. ਤੁਸੀਂ ਉਹਨਾਂ (ਇਨਕਾਰੀਆਂ) ਤੋਂ ਇਹ ਵੀ ਪੁੱਛੋ ਕਿ ਸੱਤੇ ਅਕਾਸ਼ਾਂ ਦਾ ਅਤੇ ਵੱਡੇ ਅਰਸ਼ ਦਾ ਮਾਲਿਕ ਕੌਣ ਹੈ?

قُلْ مَنْ رَّبُّ السَّمَاوَاتِ السَّبْعِ وَرَبُّ الْعَرْشِ الْعَظِيمِ ﴿٨٦﴾

87. ਉਹ ਜਵਾਬ ਵਿਚ ਆਖਣਗੇ ਕਿ ਅੱਲਾਹ ਹੀ (ਮਾਲਿਕ) ਹੈ। ਪੁੱਛੋ ਕਿ ਫੇਰ ਤੁਸੀਂ (ਉਸ ਤੋਂ) ਡਰਦੇ ਕਿਉਂ ਨਹੀਂ।

سَيَقُولُونَ لِلَّهِ ۚ قُلْ أَفَلَا تَتَّقُونَ ﴿٨٧﴾

88. (ਹੇ ਮੁਹੰਮਦ!) ਉਹਨਾਂ ਨੂੰ ਪੁੱਛੋ ਕਿ ਉਹਨਾਂ ਸਾਰੀਆਂ ਚੀਜ਼ਾਂ ਦੀ ਪਾਤਸ਼ਾਹੀ ਕਿਸ ਦੇ ਹੱਥ ਵਿਚ ਹੈ ਜਿਹੜਾ ਸ਼ਰਨ ਵੀ ਦਿੰਦਾ ਹੈ ਅਤੇ ਜਿਸ ਵਰਗੀ ਸ਼ਰਨ ਕੋਈ ਹੋਰ ਦੇ ਵੀ ਨਹੀਂ ਸਕਦਾ। ਜੇ ਤੁਸੀਂ ਜਾਣਦੇ ਹੋ ਤਾਂ ਦੱਸੋ?

قُلْ مَنْ بِيَدِهِ مَلَكُوتُ كُلِّ شَيْءٍ وَهُوَ يُجِيرُ وَلَا يُجَارُ عَلَيْهِ إِنْ كُنْتُمْ تَعْلَمُونَ ﴿٨٨﴾

89. ਇਹ ਸਭ ਇਹੋ ਆਖਣਗੇ ਕਿ (ਪਾਤਸ਼ਾਹੀ ਦਾ ਮਾਲਿਕ) ਅੱਲਾਹ ਹੀ ਹੈ। ਉਹਨਾਂ ਨੂੰ ਪੁੱਛ ਫੇਰ ਤੁਸੀਂ ਕਿਸ ਪਾਸੇ ਤੋਂ ਧੋਖਾ ਖਾ ਰਹੇ ਹੋ?

سَيَقُولُونَ لِلَّهِ ۚ قُلْ فَأَنَّىٰ تُسْحَرُونَ ﴿٨٩﴾

90. ਅਸੀਂ ਉਹਨਾਂ ਕੋਲ ਹੱਕ ਲਿਆਏ ਹਾਂ ਅਸਲ ਵਿਚ ਇਹੋ ਝੂਠੇ ਹਨ।

بَلْ أَتَيْنَاهُمْ بِالْحَقِّ وَإِنَّهُمْ لَكَاذِبُونَ ﴿٩٠﴾

91. ਅੱਲਾਹ ਨੇ ਕਿਸੇ ਨੂੰ ਆਪਣੀ ਔਲਾਦ ਨਹੀਂ ਬਣਾਇਆ ਤੇ ਨਾ ਹੀ ਉਸ ਵਰਗਾ ਕੋਈ ਹੋਰ ਇਸ਼ਟ ਹੈ, ਜੇ ਕੋਈ ਹੁੰਦਾ ਤਾਂ ਹਰ ਇਸ਼ਟ ਆਪਣੀ ਸਾਜੀ ਹੋਈ ਚੀਜ਼ ਨੂੰ ਲੈ ਜਾਂਦਾ ਅਤੇ (ਇਸ ਦੇ

مَا اتَّخَذَ اللَّهُ مِنْ وَلَدٍ وَمَا كَانَ مَعَهُ مِنْ إِلَٰهٍ ۚ إِذًا لَّذَهَبَ كُلُّ إِلَٰهٍ بِمَا خَلَقَ وَلَعَلَا بَعْضُهُمْ عَلَىٰ بَعْضٍ ۚ سُبْحَانَ اللَّهِ عَمَّا يَصِفُونَ ﴿٩١﴾

ਲਈ) ਹਰੇਕ ਦੂਜੇ 'ਤੇ ਚੜ੍ਹਾਈ ਕਰ ਦਿੰਦਾ। ਅੱਲਾਹ ਉਹਨਾਂ ਗੱਲਾਂ ਤੋਂ ਪਾਕ ਹੈ ਜੋ ਉਹ ਬਿਆਨ ਕਰਦੇ ਹਨ।

92. ਉਹ ਗ਼ੈਬ (ਪਰੋਖ) ਤੇ ਹਾਜ਼ਰ (ਮੌਜੂਦ) ਦਾ ਜਾਣਨ ਵਾਲਾ ਹੈ, ਉਹ ਉਹਨਾਂ ਨਾਲੋਂ ਬਹੁਤ ਉੱਚੇਰਾ ਹੈ ਜਿਨ੍ਹਾਂ ਨੂੰ ਇਹ ਉਸਦੀ ਬਰਾਬਰੀ ਦਿੰਦੇ ਹਨ।

عَٰلِمِ ٱلْغَيْبِ وَٱلشَّهَٰدَةِ فَتَعَٰلَىٰ عَمَّا يُشْرِكُونَ ﴿٩٢﴾

93. (ਹੇ ਨਬੀ!) ਆਖੋ ਕਿ ਹੇ ਮੇਰਾ ਰੱਬਾ! ਜੇ ਤੂੰ ਮੇਰੇ ਹੁੰਦੇ ਉਹ (ਅਜ਼ਾਬ) ਵਿਖਾਵੇਂ ਜਿਸ ਦਾ ਉਹਨਾਂ ਨੂੰ ਵਾਅਦਾ ਦਿੱਤਾ ਗਿਆ ਹੈ।

قُل رَّبِّ إِمَّا تُرِيَنِّى مَا يُوعَدُونَ ﴿٩٣﴾

94. ਤਾਂ ਹੇ ਮੇਰਿਆ ਰੱਬਾ! ਤੂੰ ਮੈਨੂੰ ਉਹਨਾਂ ਜ਼ਾਲਮਾਂ ਵਿਚ ਨਾ ਰਲਾਈਂ।

رَبِّ فَلَا تَجْعَلْنِى فِى ٱلْقَوْمِ ٱلظَّٰلِمِينَ ﴿٩٤﴾

95. (ਹੇ ਨਬੀ!) ਨਿਰਸੰਦੇਹ, ਉਹਨਾਂ ਨਾਲ ਅਸੀਂ ਜਿਹੜੇ ਵਾਅਦਾ ਕਰਦੇ ਹਾਂ ਤਾਂ ਅਸਾਂ ਇਸ ਗੱਲ ਦੀ ਵੀ ਕੁਦਰਤ ਰਖਦੇ ਹਾਂ ਕਿ ਉਸ ਨੂੰ ਤੁਹਾਨੂੰ ਕਰ ਵਿਖਾਈਏ।

وَإِنَّا عَلَىٰٓ أَن نُّرِيَكَ مَا نَعِدُهُمْ لَقَٰدِرُونَ ﴿٩٥﴾

96. (ਹੇ ਨਬੀ!) ਬੁਰਾਈ ਨੂੰ ਸਭ ਤੋਂ ਵਧੀਆ ਢੰਗ ਨਾਲ ਦੂਰ ਕਰੋ। ਜੋ ਕੁੱਝ ਵੀ ਇਹ ਬਿਆਨ ਕਰ ਰਹੇ ਹਨ, ਅਸੀਂ ਉਹਨਾਂ ਸਭ ਨੂੰ ਚੰਗੀ ਤਰ੍ਹਾਂ ਜਾਣਦੇ ਹਾਂ।

ٱدْفَعْ بِٱلَّتِى هِىَ أَحْسَنُ ٱلسَّيِّئَةَ ۚ نَحْنُ أَعْلَمُ بِمَا يَصِفُونَ ﴿٩٦﴾

97. ਸੋ ਤੁਸੀਂ (ਹੇ ਨਬੀ!) ਦੁਆ ਕਰੋ ਕਿ ਹੇ ਮੇਰੇ ਰੱਬਾ! ਮੈਂ ਸ਼ੈਤਾਨਾਂ ਦੀਆਂ ਉਕਸਾਹਟਾਂ ਤੋਂ ਬਚਣ ਲਈ ਤੇਰੀ ਸ਼ਰਨ ਭਾਲਦਾ ਹਾਂ।

وَقُل رَّبِّ أَعُوذُ بِكَ مِنْ هَمَزَٰتِ ٱلشَّيَٰطِينِ ﴿٩٧﴾

98. ਅਤੇ ਹੇ ਮੇਰੇ ਰੱਬਾ! ਮੈਂ ਇਸ ਗੱਲ ਤੋਂ ਵੀ ਤੇਰੀ ਸ਼ਰਨ ਚਾਹੁੰਦਾ ਹਾਂ ਕਿ ਉਹ (ਸ਼ੈਤਾਨ) ਮੇਰੇ ਕੋਲ ਆਉਣ।

وَأَعُوذُ بِكَ رَبِّ أَن يَحْضُرُونِ ﴿٩٨﴾

99. ਏਥੂ ਜਦੋਂ ਉਹਨਾਂ (ਕਾਫ਼ਿਰਾਂ) ਵਿੱਚੋਂ ਕਿਸੇ ਨੂੰ ਮੌਤ ਆਉਂਦੀ ਹੈ ਤਾਂ ਆਖਦਾ ਹੈ ਕਿ ਹੇ ਪਾਲਣਹਾਰ! ਮੈਨੂੰ ਵਾਪਸ (ਸੰਸਾਰ ਵਿਚ) ਭੇਜ ਦੇ।

حَتّٰىٓ اِذَا جَآءَ اَحَدَهُمُ الْمَوْتُ قَالَ رَبِّ ارْجِعُوْنِ ٩٩

100. ਤਾਂ ਜੋ ਮੈਂ ਆਪਣੀ ਛੱਡੀ ਹੋਈ ਦੁਨੀਆਂ ਵਿਚ ਨੇਕ ਤੇ ਭਲੇ ਕੰਮ ਕਰ ਲਵਾਂ। ਪਰ ਇੰਜ ਉੱਕਾ ਹੀ ਨਹੀਂ ਹੋਵੇਗਾ ਇਹ ਤਾਂ ਕੇਵਲ ਇਕ ਕਹਿਣ ਦੀ ਗੱਲ ਹੈ ਜੋ ਉਹ ਕਹਿ ਰਿਹਾ ਹੈ। ਉਹਨਾਂ (ਮਰਨ ਵਾਲਿਆਂ) ਦੇ ਪਿੱਛੇ ਇਕ ਪੜਦਾ ਹੈ ਜਿਹੜਾ ਮੁੜ ਜੀਵਿਤ ਕਰਨ ਵਾਲੇ ਦਿਨ (ਕਿਆਮਤ) ਤਕ ਰਹੇਗਾ।

لَعَلِّيْٓ اَعْمَلُ صَالِحًا فِيْمَا تَرَكْتُ كَلَّا ۭ اِنَّهَا كَلِمَةٌ
هُوَ قَاۗىِٕلُهَا ۭ وَمِنْ وَّرَاۗىِٕهِمْ بَرْزَخٌ اِلٰى يَوْمِ
يُبْعَثُوْنَ ١٠٠

101. ਜਦੋਂ ਬਿਗਲ ਵਜਾ ਦਿੱਤਾ ਜਾਵੇਗਾ ਫੇਰ ਨਾ ਤਾਂ ਕੋਈ ਰਿਸ਼ਤੇਦਾਰੀਆਂ ਹੀ ਰਹਿਣਗੀਆਂ ਅਤੇ ਨਾ ਹੀ ਇਕ ਦੂਜੇ ਦਾ (ਹਾਲ ਚਾਲ) ਪੁੱਛਿਆ ਜਾਵੇਗਾ।

فَاِذَا نُفِخَ فِي الصُّوْرِ فَلَآ اَنْسَابَ بَيْنَهُمْ
يَوْمَىِٕذٍ وَّلَا يَتَسَاۗءَلُوْنَ ١٠١

102. ਜਿਨ੍ਹਾਂ ਦੇ ਕਰਮਾਂ ਦੇ ਤੋਲ ਭਾਰੀ ਹੋਣਗੇ ਉਹੀਓ ਸਫ਼ਲ ਹੋਣਗੇ।

فَمَنْ ثَقُلَتْ مَوَازِيْنُهٗ فَاُولٰۗىِٕكَ هُمُ الْمُفْلِحُوْنَ ١٠٢

103. ਅਤੇ ਜਿਨ੍ਹਾਂ ਦਾ ਤੋਲ ਹਲਕਾ ਹੋਵੇਗਾ ਇਹ ਉਹ ਹੋਣਗੇ ਜਿਨ੍ਹਾਂ ਨੇ ਆਪਣਾ ਨੁਕਸਾਨ ਆਪ ਹੀ ਕੀਤਾ ਹੋਵੇਗਾ ਅਤੇ ਉਹ ਸਦਾ ਲਈ ਨਰਕ ਵਿਚ ਜਾਣਗੇ।

وَمَنْ خَفَّتْ مَوَازِيْنُهٗ فَاُولٰۗىِٕكَ الَّذِيْنَ خَسِرُوْٓا
اَنْفُسَهُمْ فِيْ جَهَنَّمَ خٰلِدُوْنَ ١٠٣

104. ਉਹਨਾਂ ਦੇ ਚਿਹਰਿਆਂ ਨੂੰ ਅੱਗ ਸਾੜੇਗੀ ਅਤੇ ਉਹਨਾਂ ਦੀਆਂ ਸ਼ਕਲਾਂ ਭੈੜੀਆਂ ਹੋ ਜਾਣਗੀਆਂ।

تَلْفَحُ وُجُوْهَهُمُ النَّارُ وَهُمْ فِيْهَا كٰلِحُوْنَ ١٠٤

105. ਉਹਨਾਂ ਨੂੰ ਪੁੱਛਿਆ ਜਾਵੇਗਾ, ਕੀ ਮੇਰੀਆਂ ਆਇਤਾਂ ਤੁਹਾਨੂੰ ਨਹੀਂ ਸੁਣਾਈਆਂ ਜਾਂਦੀਆਂ ਸੀ? ਫੇਰ ਤੁਸੀਂ ਉਹਨਾਂ ਨੂੰ ਝੁਠਲਾ ਦਿਆ ਕਰਦੇ ਸੀ।

اَلَمْ تَكُنْ اٰيٰتِيْ تُتْلٰى عَلَيْكُمْ فَكُنْتُمْ
بِهَا تُكَذِّبُوْنَ ١٠٥

106. (ਇਨਕਾਰੀ) ਜਵਾਬ ਵਿਚ ਆਖਣਗੇ ਕਿ ਹੇ ਸਾਡੇ ਰੱਬਾ! ਸਾਡੀ ਮਾੜੀ ਕਿਸਮਤ ਸਾਡੇ 'ਤੇ ਭਾਰੂ ਹੋ ਗਈ ਸੀ, ਬੇਸ਼ੱਕ ਅਸੀਂ ਰਾਹੋਂ ਭਟਕ ਗਏ ਸੀ।

قَالُوْا رَبَّنَا غَلَبَتْ عَلَيْنَا شِقْوَتُنَا
وَكُنَّا قَوْمًا ضَاۗلِّيْنَ ١٠٦

107. ਹੇ ਸਾਡੇ ਰੱਬਾ! ਸਾਨੂੰ ਇਸ ਥਾਂ (ਨਰਕ) ਤੋਂ ਬਾਹਰ ਕੱਢ (ਤੇ ਸੰਸਾਰ ਵਿਚ ਭੇਜ), ਜੇ ਅਸੀਂ ਫੇਰ ਵੀ (ਕੁਫ਼ਰ) ਕਰੀਏ ਫੇਰ ਅਸੀਂ ਜ਼ਾਲਮ ਹੋਵਾਂਗੇ।

رَبَّنَا أَخْرِجْنَا مِنْهَا فَإِنْ عُدْنَا فَإِنَّا ظَالِمُونَ ﴿١٠٧﴾

108. ਅੱਲਾਹ ਫ਼ਰਮਾਏਗਾ ਕਿ ਹੁਣ ਇਸੇ (ਨਰਕ) ਵਿਚ ਪਏ ਰਹੋ ਅਤੇ ਮੇਰੇ ਨਾਲ ਕਲਾਮ ਨਾ ਕਰੋ।

قَالَ اخْسَئُوا فِيهَا وَلَا تُكَلِّمُونِ ﴿١٠٨﴾

109. ਮੇਰੇ (ਨੇਕ) ਬੰਦਿਆਂ ਦੀ ਇਕ ਜਮਾਅਤ ਸੀ, ਜਿਹੜੀ ਇਹੋ ਕਿਹਾ ਕਰਦੀ ਸੀ ਕਿ ਹੇ ਸਾਡੇ ਮਾਲਿਕ! ਅਸੀਂ ਈਮਾਨ ਲਿਆਏ ਹਾਂ, ਤੂੰ ਸਾਨੂੰ ਬਖ਼ਸ਼ ਦੇ ਅਤੇ ਸਾਡੇ ਉੱਤੇ ਰਹਿਮ ਫ਼ਰਮਾ। ਤੂੰ ਸਭ ਤੋਂ ਵੱਧ ਮਿਹਰਾਂ ਕਰਨ ਵਾਲਾ ਹੈ।

إِنَّهُ كَانَ فَرِيقٌ مِنْ عِبَادِي يَقُولُونَ رَبَّنَا آمَنَّا فَاغْفِرْ لَنَا وَارْحَمْنَا وَأَنْتَ خَيْرُ الرَّاحِمِينَ ﴿١٠٩﴾

110. ਪਰ ਤੁਸੀਂ (ਕਾਫ਼ਿਰੋ) ਉਹਨਾਂ (ਈਮਾਨ ਵਾਲਿਆਂ) ਦਾ ਮਖੌਲ ਕਰਦੇ ਰਹੇ ਇੱਥੋਂ ਤੀਕ ਕਿ ਤੁਸੀਂ ਮੈਨੂੰ ਵੀ ਭੁਲਾ ਦਿੱਤਾ ਤੁਸੀਂ ਉਹਨਾਂ ਉੱਤੇ ਹਸਿਆ ਕਰਦੇ ਸੀ।

فَاتَّخَذْتُمُوهُمْ سِخْرِيًّا حَتَّىٰ أَنْسَوْكُمْ ذِكْرِي وَكُنْتُمْ مِنْهُمْ تَضْحَكُونَ ﴿١١٠﴾

111. ਅੱਜ ਮੈਂਨੇ ਉਹਨਾਂ (ਮੋਮਿਨਾਂ) ਨੂੰ ਉਹਨਾਂ ਦੇ ਸਬਰ ਦਾ ਬਦਲਾ (ਜੰਨਤ) ਦੇ ਦਿੱਤਾ ਹੈ ਅਤੇ ਉਹ ਆਪਣੀ ਸਫ਼ਲਤਾ ਨੂੰ ਪਹੁੰਚਗੇ।

إِنِّي جَزَيْتُهُمُ الْيَوْمَ بِمَا صَبَرُوا أَنَّهُمْ هُمُ الْفَائِزُونَ ﴿١١١﴾

112. ਅੱਲਾਹ ਪੁੱਛੇਗਾ ਕਿ ਤੁਸੀਂ ਧਰਤੀ 'ਤੇ ਕਿੰਨੇ ਸਾਲ ਰਹੇ ਸੀ।

قَالَ كَمْ لَبِثْتُمْ فِي الْأَرْضِ عَدَدَ سِنِينَ ﴿١١٢﴾

113. ਉਹ ਕਹਿਣਗੇ ਕਿ ਇਕ ਦਿਨ ਜਾਂ ਇਕ ਦਿਨ ਤੋਂ ਵੀ ਘੱਟ (ਧਰਤੀ) ਉੱਤੇ ਰਹੇ ਸੀ, ਗਿਣਤੀਕਾਰਾਂ ਕੋਲੋਂ ਪੁੱਛ ਲਵੋ।

قَالُوا لَبِثْنَا يَوْمًا أَوْ بَعْضَ يَوْمٍ فَاسْأَلِ الْعَادِّينَ ﴿١١٣﴾

114. ਅੱਲਾਹ ਫ਼ਰਮਾਏਗਾ, ਫੇਰ ਤਾਂ ਤੁਸੀਂ ਉੱਥੇ (ਧਰਤੀ ਉੱਤੇ) ਬਹੁਤ ਹੀ ਘੱਟ ਰਹੇ ਹੋ। ਕਾਸ਼! ਤੁਸੀਂ (ਇਹ ਗੱਲ ਸੰਸਾਰ ਵਿਚ ਹੀ) ਜਾਣ ਲੈਂਦੇ।

قَالَ إِنْ لَبِثْتُمْ إِلَّا قَلِيلًا لَوْ أَنَّكُمْ كُنْتُمْ تَعْلَمُونَ ﴿١١٤﴾

115 ਕੀ ਤੁਸੀਂ ਇਸ ਖ਼ਿਆਲ ਵਿਚ ਸੀ ਕਿ ਅਸੀਂ ਤੁਹਾਨੂੰ ਐਵੇਂ ਬੇਕਾਰ ਹੀ ਪੈਦਾ ਕੀਤਾ ਹੈ ਅਤੇ ਇਹ ਵੀ ਕਿ ਤੁਸੀਂ ਸਾਡੇ ਵੱਲ ਪਰਤੋ ਨਹੀਂ ਜਾਓਗੇ?

أَفَحَسِبْتُمْ أَنَّمَا خَلَقْنَاكُمْ عَبَثًا وَأَنَّكُمْ إِلَيْنَا لَا تُرْجَعُونَ ١١٥

116 ਜਦ ਕਿ ਅੱਲਾਹ ਦੀ ਪਾਤਸ਼ਾਹੀ ਹੱਕ ਹੈ ਅਤੇ ਉਹ ਸਭ ਤੋਂ ਉੱਚਾ ਹੈ, ਇਸ ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ, ਉਹੀਓ ਉੱਚੇ ਅਰਸ਼ਾਂ ਦਾ ਮਾਲਿਕ ਹੈ।

فَتَعَالَى اللَّهُ الْمَلِكُ الْحَقُّ لَا إِلَٰهَ إِلَّا هُوَ رَبُّ الْعَرْشِ الْكَرِيمِ ١١٦

117 ਜਿਹੜਾ ਵੀ ਕੋਈ ਅੱਲਾਹ ਦੇ ਨਾਲ-ਨਾਲ ਕਿਸੇ ਦੂਜੇ ਇਸ਼ਟ ਨੂੰ (ਮਦਦ ਲਈ) ਪੁਕਾਰਦਾ ਹੈ, ਜਿਸ ਲਈ ਉਸ ਦੇ ਕੋਲ ਦਲੀਲ ਵੀ ਨਹੀਂ, ਉਸ ਦੀ ਪੁੱਛ-ਗਿੱਛ ਕਰਨਾ ਰੱਬ ਦੇ ਜ਼ਿੰਮੇ ਹੈ। ਬੇਸ਼ੱਕ ਕਾਫ਼ਿਰ ਲੋਕ ਕਦੇ ਵੀ ਸਫ਼ਲ ਨਹੀਂ ਹੋ ਸਕਦੇ।

وَمَن يَدْعُ مَعَ اللَّهِ إِلَٰهًا آخَرَ لَا بُرْهَانَ لَهُ بِهِ فَإِنَّمَا حِسَابُهُ عِندَ رَبِّهِ إِنَّهُ لَا يُفْلِحُ الْكَافِرُونَ ١١٧

118 ਹੇ ਨਬੀ! (ਦੁਆਵਾਂ ਕਰਦੇ ਹੋਏ) ਆਖੋ ਕਿ ਹੇ ਮੇਰੇ ਪਾਲਣਹਾਰ! ਤੂੰ ਮੈਨੂੰ ਬਖ਼ਸ਼ ਦੇ ਅਤੇ (ਮੇਰੇ ਹਾਲ ਉੱਤੇ) ਰਹਿਮ ਕਰ, ਤੂੰ ਸਭ ਤੋਂ ਵੱਧ ਮਿਹਰਾਂ ਕਰਨ ਵਾਲਾ ਹੈ।

وَقُل رَّبِّ اغْفِرْ وَارْحَمْ وَأَنتَ خَيْرُ الرَّاحِمِينَ ١١٨

24. ਸੂਰਤ ਅਨ-ਨੂਰ (ਮਦਨੀ 102)

سُورَةُ النُّورِ

(ਆਇਤਾਂ 64, ਰੁਕੂਅ 9)

ਸ਼ੁਰੂ ਕਰਦਾ ਹਾਂ, ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1 ਇਹ ਉਹ ਸੂਰਤ ਹੈ ਜਿਸ ਨੂੰ ਅਸੀਂ ਨਾਜ਼ਿਲ ਕੀਤਾ ਹੈ ਅਤੇ ਇਸ ਦੇ ਹੁਕਮਾਂ ਦੀ ਪਾਲਣਾ ਕਰਨਾ (ਹਰ ਮੋਮਿਨ ਲਈ) ਫ਼ਰਜ਼ ਕੀਤਾ ਹੈ ਅਤੇ ਇਸ ਵਿਚ ਅਸੀਂ ਸਾਫ਼-ਸਾਫ਼ ਆਇਤਾਂ (ਹਿਦਾਇਤਾਂ) ਉਤਾਰੀਆਂ ਹਨ ਤਾਂ ਜੋ ਤੁਸੀਂ ਸਿੱਖਿਆ ਗ੍ਰਹਿਣ ਕਰ ਸਕੋ।

سُورَةٌ أَنزَلْنَاهَا وَفَرَضْنَاهَا وَأَنزَلْنَا فِيهَا آيَاتٍ بَيِّنَاتٍ لَّعَلَّكُمْ تَذَكَّرُونَ ١

الزَّانِيَةُ وَالزَّانِي فَاجْلِدُوا كُلَّ وَاحِدٍ مِّنْهُمَا مِائَةَ
جَلْدَةٍ ۖ وَلَا تَأْخُذْكُم بِهِمَا رَأْفَةٌ فِي دِينِ اللَّهِ إِن
كُنتُمْ تُؤْمِنُونَ بِاللَّهِ وَالْيَوْمِ الْآخِرِ ۖ وَلْيَشْهَدْ
عَذَابَهُمَا طَائِفَةٌ مِّنَ الْمُؤْمِنِينَ (٢)

2. ਜ਼ਾਨੀਆਂ ਔਰਤ (ਵਿਭਚਾਰਣ) ਤੇ ਜ਼ਾਨੀ ਮਰਦ (ਵਿਭਚਾਰੀ), ਉਹਨਾਂ ਦੋਹਾਂ ਵਿੱਚੋਂ ਹਰੇਕ ਨੂੰ ਸੌ ਸੌ ਕੋੜੇ ਮਾਰੋ।[1] ਜੇ ਤੁਹਾਡਾ ਅੱਲਾਹ ਤੇ ਆਖ਼ਿਰਤ ਦੇ ਦਿਹਾੜੇ 'ਤੇ ਈਮਾਨ ਹੈ ਤਾਂ ਅੱਲਾਹ ਦੇ ਧਰਮ (ਤਰੀਕੇ) 'ਤੇ ਅਮਲ ਕਰਦੇ ਹੋਏ ਤੁਹਾਨੂੰ ਉਹਨਾਂ ਦੋਹਾਂ (ਜ਼ਾਨੀ ਮਰਦ ਤੇ ਔਰਤ) 'ਤੇ ਉੱਕਾ ਹੀ ਤਰਸ ਨਹੀਂ ਆਉਣਾ ਚਾਹੀਦਾ। ਉਹਨਾਂ ਨੂੰ ਸਜ਼ਾ ਦਿੰਦੇ ਸਮੇਂ ਮੁਸਲਮਨਾਂ ਦੀ ਇਕ ਭੀੜ ਜ਼ਰੂਰ ਮੌਜੂਦ ਹੋਣੀ ਚਾਹੀਦੀ ਹੈ (ਤਾਂ ਜੋ ਲੋਕੀ ਨਸੀਹਤ ਪ੍ਰਾਪਤ ਕਰ ਸਕਣ)।

الزَّانِي لَا يَنكِحُ إِلَّا زَانِيَةً أَوْ مُشْرِكَةً وَالزَّانِيَةُ
لَا يَنكِحُهَا إِلَّا زَانٍ أَوْ مُشْرِكٌ ۚ وَحُرِّمَ ذَٰلِكَ
عَلَى الْمُؤْمِنِينَ (٣)

3. ਜ਼ਾਨੀ ਪੁਰਸ਼ ਦਾ ਜੋੜ ਜ਼ਾਨੀ ਜਾਂ ਮੁਸ਼ਰਿਕ ਔਰਤ ਤੋਂ ਹੋਰ ਕਿਸੇ (ਨੇਕ ਔਰਤ) ਨਾਲ ਨਿਕਾਹ ਨਹੀਂ ਹੋਣਾ ਚਾਹੀਦਾ ਅਤੇ ਜ਼ਾਨੀ ਔਰਤ ਦਾ ਜੋੜ ਜ਼ਾਨੀ ਮਰਦ ਜਾਂ ਮੁਸ਼ਰਿਕ ਮਰਦ ਤੋਂ ਹੋਰ (ਕਿਸੇ ਨੇਕ ਮਰਦ) ਨਾਲ ਨਿਕਾਹ ਨਹੀਂ ਹੋਣਾ ਚਾਹੀਦਾ ਅਤੇ ਈਮਾਨ ਵਾਲਿਆਂ ਨੂੰ ਇਸ ਤੋਂ ਰੋਕ (ਭਾਵ ਹਰਾਮ ਕਰ) ਦਿੱਤਾ ਗਿਆ ਹੈ।

وَالَّذِينَ يَرْمُونَ الْمُحْصَنَاتِ ثُمَّ لَمْ يَأْتُوا بِأَرْبَعَةِ
شُهَدَاءَ فَاجْلِدُوهُمْ ثَمَانِينَ جَلْدَةً وَلَا تَقْبَلُوا
لَهُمْ شَهَادَةً أَبَدًا ۚ وَأُولَٰئِكَ هُمُ الْفَاسِقُونَ (٤)

4 ਜਿਹੜੇ ਲੋਕ ਪਵਿੱਤਰ ਔਰਤਾਂ ਉੱਤੇ ਜ਼ਨਾ ਦੀ ਤੁਹੱਮਤ ਲਾਉਣ ਫੇਰ ਉਹ ਚਾਰ ਗਵਾਹ ਪੇਸ਼ ਨਾ ਕਰ ਸਕਣ ਤਾਂ ਤੁਸੀਂ ਉਹਨਾਂ ਨੂੰ ਅੱਸੀ ਕੋੜੇ ਮਾਰੋ ਅਤੇ ਉਹਨਾਂ ਦੀ ਗਵਾਹੀ ਕਦੇ ਵੀ ਕਬੂਲ ਨਾ ਕਰੋ, ਇਹ ਤਾਂ ਝੂਠੇ (ਨਾ-ਫ਼ਰਮਾਨ) ਲੋਕ ਹਨ।

إِلَّا الَّذِينَ تَابُوا مِن بَعْدِ ذَٰلِكَ وَأَصْلَحُوا
فَإِنَّ اللَّهَ غَفُورٌ رَّحِيمٌ (٥)

5 ਹਾਂ ਜਿਹੜੇ ਲੋਕ ਇਸ (ਕੁਕਰਮ) ਪਿੱਛੋਂ ਤੌਬਾ ਕਰ ਲੈਣ ਅਤੇ ਆਪਣੇ ਆਪ ਨੂੰ ਸੁਧਾਰ ਲੈਣ ਤਾਂ ਬੇਸ਼ੱਕ ਅੱਲਾਹ ਬਖ਼ਸ਼ਣਹਾਰ ਤੇ ਰਹਿਮ ਕਰਨ ਵਾਲਾ ਹੈ।

---

[1] ਇਹ ਸਜ਼ਾ ਅਜਿਹੇ ਬਦਕਾਰ ਮਰਦ ਜਾਂ ਔਰਤ ਲਈ ਹੈ ਜਿਹੜੀ ਵਿਆਹਿਤ ਨਹੀਂ ਹੈ ਇਸ ਦੇ ਨਾਲ ਹੀ ਆਪ (ਸ:) ਨੇ ਅਜਿਹੇ ਲੋਕਾਂ ਲਈ ਦੇਸ਼ ਨਿਕਾਲੇ ਦੀ ਸਜ਼ਾ ਵੀ ਵਧਾਈ ਹੈ। ਜਿਵੇਂ ਸਹੀ ਬੁਖ਼ਾਰੀ ਹਦੀਸ 6833 ਵਿਚ ਇਸ ਦੀ ਵਿਆਖਿਆ ਕੀਤੀ ਗਈ ਹੈ।

6. ਜਿਹੜੇ ਲੋਕ ਆਪਣੀਆਂ ਪਤਨੀਆਂ ਉੱਤੇ ਤੁਹਮਤਾਂ (ਦੋਸ਼) ਲਾਉਣ ਅਤੇ ਉਹਨਾਂ ਕੋਲ ਆਪਣੇ ਆਪ ਤੋਂ ਛੁੱਟ ਹੋਰ ਕੋਈ ਗਵਾਹ ਨਾ ਹੋਵੇ ਤਾਂ ਅਜਿਹੀ ਸਥਿਤੀ ਵਿਚ ਉਹਨਾਂ ਵਿੱਚੋਂ ਇਕ ਵਿਅਕਤੀ (ਪਤੀ) ਦੀ ਗਵਾਹੀ ਇਹ ਹੈ ਕਿ ਉਹ ਚਾਰ ਵਾਰ ਅੱਲਾਹ ਦੀ ਸੌਂਹ ਚੁੱਕ ਕੇ ਆਖੇ ਕਿ ਉਹ ਸੱਚਾ ਹੈ।

وَالَّذِينَ يَرْمُونَ أَزْوَاجَهُمْ وَلَمْ يَكُن لَّهُمْ شُهَدَاءُ إِلَّا أَنفُسُهُمْ فَشَهَادَةُ أَحَدِهِمْ أَرْبَعُ شَهَادَاتٍ بِاللَّهِ إِنَّهُ لَمِنَ الصَّادِقِينَ ⑥

7. ਅਤੇ ਪੰਜਵੀਂ ਵਾਰ ਆਖੇ ਕਿ ਜੇ ਉਹ ਝੂਠਾ ਹੋਵੇ ਤਾਂ ਉਸ 'ਤੇ ਅੱਲਾਹ ਦੀ ਫਿਟਕਾਰ ਹੋਵੇ।

وَالْخَامِسَةُ أَنَّ لَعْنَتَ اللَّهِ عَلَيْهِ إِن كَانَ مِنَ الْكَاذِبِينَ ⑦

8. ਅਤੇ ਔਰਤ ਸਜ਼ਾ ਤੋਂ ਇੰਜ ਬਚ ਸਕਦੀ ਹੈ ਕਿ ਉਹ ਚਾਰ ਵਾਰੀ ਅੱਲਾਹ ਦੀ ਸੌਂਹ ਚੁੱਕ ਕੇ ਆਖੇ ਕਿ ਉਸ ਦਾ ਪਤੀ ਝੂਠ ਬੋਲਦਾ ਹੈ।

وَيَدْرَأُ عَنْهَا الْعَذَابَ أَن تَشْهَدَ أَرْبَعَ شَهَادَاتٍ بِاللَّهِ إِنَّهُ لَمِنَ الْكَاذِبِينَ ⑧

9. ਅਤੇ ਪੰਜਵੀਂ ਵਾਰ ਕਹੇ ਕਿ ਉਸ ਉੱਤੇ ਅੱਲਾਹ ਦਾ ਗ਼ਜ਼ਬ (ਅਜ਼ਾਬ) ਹੋਵੇ, ਜੇ ਉਸ ਦਾ ਪਤੀ ਸੱਚਾ ਹੋਵੇ।

وَالْخَامِسَةَ أَنَّ غَضَبَ اللَّهِ عَلَيْهَا إِن كَانَ مِنَ الصَّادِقِينَ ⑨

10. ਜੇ ਤੁਹਾਡੇ ਉੱਤੇ ਅੱਲਾਹ ਦੀ ਕ੍ਰਿਪਾ ਤੇ ਉਸ ਦੀਆਂ ਮਿਹਰਾਂ ਨਾ ਹੁੰਦੀਆਂ (ਤਾਂ ਬਹੁਤ ਔਖਿਆਈ ਹੁੰਦੀ) ਅੱਲਾਹ ਤੌਬਾ ਕਬੂਲ ਕਰਨ ਵਾਲਾ ਅਤੇ ਹਿਕਮਤ ਵਾਲਾ ਹੈ।

وَلَوْلَا فَضْلُ اللَّهِ عَلَيْكُمْ وَرَحْمَتُهُ وَأَنَّ اللَّهَ تَوَّابٌ حَكِيمٌ ⑩

11. ਜਿਹੜੇ ਲੋਕਾਂ ਨੇ (ਉੱਮਤ ਦੀ ਮਾਂ ਹਜ਼ਰਤ ਆਇਸ਼ਾ ਉੱਤੇ) ਇਹ ਬਹੁਤਾਨ (ਊਜ) ਘੜਿਆ ਸੀ,[1] ਉਹ ਤੁਹਾਡੇ (ਮੁਸਲਮਾਨਾਂ) ਵਿੱਚੋਂ ਹੀ ਇਕ ਟੋਲਾ ਹੈ, (ਹੇ ਮੁਹੰਮਦ!) ਤੁਸੀਂ ਇਸ ਨੂੰ ਆਪਣੇ ਲਈ ਮੰਦਾ ਨਾ ਸਮਝੋ ਸਗੋਂ ਇਹ ਤਾਂ ਤੁਹਾਡੇ ਹੱਕ

إِنَّ الَّذِينَ جَاءُوا بِالْإِفْكِ عُصْبَةٌ مِّنكُمْ لَا تَحْسَبُوهُ شَرًّا لَّكُم بَلْ هُوَ خَيْرٌ لَّكُمْ لِكُلِّ امْرِئٍ مِّنْهُم مَّا اكْتَسَبَ مِنَ الْإِثْمِ وَالَّذِي تَوَلَّىٰ كِبْرَهُ مِنْهُمْ لَهُ عَذَابٌ عَظِيمٌ ⑪

---

[1] ਇਸ ਵਿਚ ਉਸ ਬਹੁਤਾਨ ਦੀ ਗੱਲ ਕੀਤੀ ਗਈ ਹੈ ਜਿਹੜਾ ਨਬੀ (ਸ:) ਦੀ ਪਤਨੀ ਬੀਬੀ ਆਇਸ਼ਾ ਪ੍ਰਤ ਮੁਨਾਫ਼ਿਕਾਂ ਵੱਲੋਂ ਘੜਿਆ ਗਿਆ ਸੀ। ਇਹ ਘਟਨਾ ਕਿੱਸਾ-ਏ-ਇਫ਼ਕ ਦੇ ਨਾਂ ਨਾਲ ਪ੍ਰਸਿੱਧ ਹੈ। ਜਿਸ ਦੀ ਵਿਆਖਿਆ ਸਹੀ ਬੁਖ਼ਾਰੀ ਦੀ ਹਦੀਸ 4750 ਵਿਚ ਕੀਤੀ ਹੈ। ਸੂਰਤ ਨੂਰ ਦੀ 11 ਤੋਂ 20 ਤੱਕ ਦੀਆਂ ਆਇਤਾਂ ਵਿਚ ਅੱਲਾਹ ਤਆਲਾ ਨੇ ਹਜ਼ਰਤ ਆਇਸ਼ਾ ਨੂੰ ਇਸ ਬਹੁਤਾਨ ਤੋਂ ਬਰੀ ਕਰ ਦਿੱਤਾ ਸੀ।

ਵਿਚ ਚੰਗਾ ਹੀ ਹੈ। ਜਿਸ ਨੇ ਜਿੰਨਾ (ਇਸ ਘਟਨਾ ਵਿਚ) ਭਾਗ ਲਿਆ, ਉਸ ਨੇ ਉਂਨਾ ਹੀ ਗੁਨਾਹ ਖੱਟਿਆ ਹੈ। ਜਿਸ ਨੇ ਵੀ ਇਸ ਗੁਨਾਹ ਦਾ ਭਾਰ ਚੁੱਕਿਆ, ਉਸ ਲਈ ਵੱਡਾ ਅਜ਼ਾਬ ਹੈ।

12 ਜਦੋਂ ਤੁਸੀਂ ਇਹ (ਝੂਠ) ਸੁਣਿਆ ਸੀ ਤਾਂ ਮੋਮਿਨ ਮਰਦਾਂ ਤੇ ਮੋਮਿਨ ਔਰਤਾਂ ਨੇ ਆਪਣੇ ਮਨ ਵਿਚ ਨੇਕ ਗੁਮਾਨ (ਵਿਚਾਰ) ਕਿਉਂ ਨਹੀਂ ਕੀਤਾ ਅਤੇ ਕਿਉਂ ਨਹੀਂ ਆਖਿਆ ਕਿ ਇਹ ਤਾਂ ਖੁੱਲਮ ਖੱਲਾ ਝੂਠ (ਊਜ) ਹੈ।

لَوْلَآ إِذْ سَمِعْتُمُوهُ ظَنَّ الْمُؤْمِنُونَ وَالْمُؤْمِنٰتُ
بِأَنفُسِهِمْ خَيْرًا وَقَالُوا هٰذَآ إِفْكٌ مُّبِينٌ ١٢

13 ਉਹ (ਇਸ ਤੁਹਮਤ ਨੂੰ ਸਿੱਧ ਕਰਨ ਲਈ) ਚਾਰ ਗਵਾਹ ਕਿਉਂ ਨਹੀਂ ਲਿਆਏ? ਜਦੋਂ ਕੋਈ ਗਵਾਹ ਹੀ ਨਹੀਂ ਤਾਂ ਅੱਲਾਹ ਦੀਆਂ ਨਜ਼ਰਾਂ ਵਿਚ ਉਹੀਓ ਝੂਠੇ ਹਨ।

لَوْلَا جَآءُو عَلَيْهِ بِأَرْبَعَةِ شُهَدَآءَ فَإِذْ لَمْ يَأْتُوا
بِالشُّهَدَآءِ فَأُولٰٓئِكَ عِندَ اللّٰهِ هُمُ الْكٰذِبُونَ ١٣

14. (ਹੇ ਮੁਸਲਮਾਨੋ!) ਜੇ ਤੁਹਾਡੇ 'ਤੇ ਦੁਨੀਆ ਤੇ ਆਖ਼ਿਰਤ ਵਿਚ ਅੱਲਾਹ ਦੀਆਂ ਮਿਹਰਾਂ ਤੇ ਰਹਿਮਤਾਂ ਨਾ ਹੁੰਦੀਆਂ ਤਾਂ ਜਿਨ੍ਹਾਂ ਗੱਲਾਂ ਵਿਚ ਤੁਸੀਂ ਜਾ ਪਏ ਸੀ, ਉਹਨਾਂ ਦੇ ਬਦਲੇ ਵਿਚ ਤੁਹਾਨੂੰ ਇਕ ਵੱਡਾ ਅਜ਼ਾਬ ਆ ਨੱਪਦਾ।

وَلَوْلَا فَضْلُ اللّٰهِ عَلَيْكُمْ وَرَحْمَتُهُ فِي الدُّنْيَا
وَالْأٰخِرَةِ لَمَسَّكُمْ فِي مَآ أَفَضْتُمْ فِيهِ عَذَابٌ
عَظِيمٌ 14

15. ਤੁਸੀਂ ਆਪਣੀਆਂ ਜ਼ੁਬਾਨਾਂ ਰਾਹੀਂ ਇਸ ਝੂਠ ਦੀ ਚਰਚਾ ਕਰ ਰਹੇ ਸੀ ਅਤੇ ਤੁਸੀਂ ਆਪਣੇ ਮੂੰਹੋਂ ਉਹ ਗੱਲਾਂ ਕਹਿ ਰਹੇ ਸੀ ਜਿਸ ਦਾ ਤੁਹਾਨੂੰ ਵੀ ਕੋਈ ਥਹੁ-ਪਤਾ ਨਹੀਂ ਸੀ। ਤੁਸੀਂ ਤਾਂ ਇਸ ਨੂੰ ਸਧਾਰਨ ਸਮਝਦੇ ਸੀ ਜਦ ਕਿ ਅੱਲਾਹ ਲਈ ਤਾਂ ਇਹ ਬਹੁਤ ਵੱਡੀ ਗੱਲ ਸੀ।

إِذْ تَلَقَّوْنَهُ بِأَلْسِنَتِكُمْ وَتَقُولُونَ بِأَفْوَاهِكُم مَّا لَيْسَ
لَكُم بِهِ عِلْمٌ وَتَحْسَبُونَهُ هَيِّنًا وَهُوَ عِندَ اللّٰهِ
عَظِيمٌ ١٥

16. (ਹੇ ਮੁਸਲਮਾਨੋ!) ਤੁਸੀਂ ਅਜਿਹੀ ਗੱਲ ਸੁਣਦੇ ਸਾਰੇ ਹੀ ਇਹ ਕਿਉਂ ਨਾ ਆਖਿਆ ਕਿ ਸਾਨੂੰ ਅਜਿਹੀ ਝੂਠੀ ਗੱਲ ਮੂੰਹੋਂ ਕਢਣੀ ਸ਼ੋਭਾ ਨਹੀਂ

وَلَوْلَآ إِذْ سَمِعْتُمُوهُ قُلْتُم مَّا يَكُونُ لَنَآ أَن نَّتَكَلَّمَ
بِهٰذَا سُبْحٰنَكَ هٰذَا بُهْتٰنٌ عَظِيمٌ ١٦

ਦਿੰਦੀ। ਹੇ ਅੱਲਾਹ! ਤੂੰ ਪਾਕ ਹੈ, ਇਹ ਤਾਂ ਬਹੁਤ ਵੱਡਾ ਬੁਹਤਾਨ ਹੈ।

17. ਅੱਲਾਹ ਤੁਹਾਨੂੰ ਨਸੀਹਤ ਕਰਦਾ ਹੈ ਕਿ ਫੇਰ ਕਦੇ ਵੀ ਅਜਿਹਾ ਕੰਮ ਨਾ ਕਰਨਾ ਜੇ ਤੁਸੀਂ ਸੱਚੇ ਮੋਮਿਨ ਹੋ।

يَعِظُكُمُ اللَّهُ أَن تَعُودُوا لِمِثْلِهِ أَبَدًا إِن كُنتُم مُّؤْمِنِينَ ﴿١٧﴾

18 ਅੱਲਾਹ ਤੁਹਾਡੇ ਲਈ ਆਪਣੀਆਂ ਆਇਤਾਂ (ਆਦੇਸ਼) ਬਿਆਨ ਕਰ ਰਿਹਾ ਹੈ ਅਤੇ ਅੱਲਾਹ ਹੀ ਵੱਡਾ ਜਾਣਕਾਰ ਤੇ ਹਿਕਮਤਾਂ ਵਾਲਾ ਹੈ।

وَيُبَيِّنُ اللَّهُ لَكُمُ الْآيَاتِ ۚ وَاللَّهُ عَلِيمٌ حَكِيمٌ ﴿١٨﴾

19 ਜਿਹੜੇ ਵੀ ਲੋਕ ਮੁਸਲਮਾਨਾਂ ਵਿਚ ਅਸ਼ਲੀਲਤਾ ਫੈਲਾਉਣਾ ਚਾਹੁੰਦੇ ਹਨ, ਉਹਨਾਂ ਲਈ ਦੁਨੀਆ ਤੇ ਆਖ਼ਿਰਤ ਵਿਚ ਦੁੱਖਾਂ ਭਰਿਆ ਅਜ਼ਾਬ ਹੈ। ਅੱਲਾਹ ਸਭ ਕੁੱਝ ਜਾਣਦਾ ਹੈ ਜਦ ਕਿ ਤੁਸੀਂ ਕੁੱਝ ਵੀ ਨਹੀਂ ਜਾਣਦੇ।

إِنَّ الَّذِينَ يُحِبُّونَ أَن تَشِيعَ الْفَاحِشَةُ فِي الَّذِينَ آمَنُوا لَهُمْ عَذَابٌ أَلِيمٌ فِي الدُّنْيَا وَالْآخِرَةِ ۚ وَاللَّهُ يَعْلَمُ وَأَنتُمْ لَا تَعْلَمُونَ ﴿١٩﴾

20 ਜੇ ਅੱਲਾਹ ਦੀਆਂ ਮਿਹਰਾਂ ਤੇ ਰਹਿਮਤਾਂ ਤੁਹਾਡੇ ਉੱਤੇ ਨਾ ਹੁੰਦੀਆਂ (ਤਾਂ ਅੱਲਾਹ ਬੁਹਤਾਨ ਲਾਉਣ ਵਾਲਿਆਂ ਨੂੰ ਉਸੇ ਸਮੇਂ ਸਜ਼ਾ ਦੇ ਦਿੰਦਾ) ਪਰ ਅੱਲਾਹ ਵੱਡਾ ਨਰਮੀ ਵਾਲਾ ਤੇ ਮਿਹਰਬਾਨ ਹੈ

وَلَوْلَا فَضْلُ اللَّهِ عَلَيْكُمْ وَرَحْمَتُهُ وَأَنَّ اللَّهَ رَءُوفٌ رَّحِيمٌ ﴿20﴾

21. ਹੇ ਈਮਾਨ ਵਾਲਿਓ! ਸ਼ੈਤਾਨ ਦੀ ਪੈਰਵੀ ਨਾ ਕਰੋ, ਜਿਹੜਾ ਵੀ ਉਸ ਦੇ ਪਿੱਛੇ ਚੱਲੇਗਾ ਤਾਂ ਉਹ (ਸ਼ੈਤਾਨ) ਉਸ ਨੂੰ ਬੇਹਿਯਾਈ (ਅਸ਼ਲੀਲਤਾ) ਅਤੇ ਬੁਰੇ ਕੰਮਾਂ ਦਾ ਹੀ ਹੁਕਮ ਦੇਵੇਗਾ। ਜੇਕਰ ਤੁਹਾਡੇ ਉੱਤੇ ਅੱਲਾਹ ਦੀ ਕ੍ਰਿਪਾ ਤੇ ਮਿਹਰ ਨਾ ਹੁੰਦੀ ਤਾਂ ਤੁਹਾਡੇ ਵਿੱਚੋਂ ਕੋਈ ਵੀ ਪਾਕ ਸਾਫ਼ ਨਾ ਹੁੰਦਾ। ਅੱਲਾਹ ਜਿਸ ਨੂੰ ਚਾਹੁੰਦਾ ਹੈ ਪਾਕ ਕਰ ਦਿੰਦਾ ਹੈ ਅਤੇ ਅੱਲਾਹ ਸਭ ਕੁੱਝ ਸੁਣਨ ਵਾਲਾ ਤੇ ਜਾਣਨ ਵਾਲਾ ਹੈ।

يَا أَيُّهَا الَّذِينَ آمَنُوا لَا تَتَّبِعُوا خُطُوَاتِ الشَّيْطَانِ ۚ وَمَن يَتَّبِعْ خُطُوَاتِ الشَّيْطَانِ فَإِنَّهُ يَأْمُرُ بِالْفَحْشَاءِ وَالْمُنكَرِ ۚ وَلَوْلَا فَضْلُ اللَّهِ عَلَيْكُمْ وَرَحْمَتُهُ مَا زَكَىٰ مِنكُم مِّنْ أَحَدٍ أَبَدًا وَلَٰكِنَّ اللَّهَ يُزَكِّي مَن يَشَاءُ ۗ وَاللَّهُ سَمِيعٌ عَلِيمٌ ﴿21﴾

22. ਤੁਹਾਡੇ ਵਿੱਚੋਂ ਜਿਹੜੇ ਵੀ ਲੋਕ ਮਾਲ ਪੱਖੋਂ ਸਰਦੇ-ਪੁੱਜਦੇ ਹਨ ਉਹਨਾਂ ਨੂੰ ਆਪਣੇ ਸਕੇ-ਸੰਬੰਧੀਆਂ ਨੂੰ, ਮੁਥਾਜਾਂ ਨੂੰ ਅਤੇ ਰੱਬ ਦੀ ਰਾਹ ਵਿਚ ਘਰ-ਬਾਰ ਛੱਡਣ ਵਾਲਿਆਂ (ਮੁਹਾਜਰਾਂ) ਨੂੰ ਸਹਾਇਤਾ ਨਾ ਦੇਣ ਦੀ ਕਸਮ ਨਹੀਂ ਖਾਣੀ ਚਾਹੀਦੀ, ਸਗੋਂ ਮੁਆਫ਼ ਕਰ ਦੇਣਾ ਅਤੇ ਭੁੱਲ ਜਾਣਾ ਚਾਹੀਦਾ ਹੈ। ਕੀ ਤੁਸੀਂ ਨਹੀਂ ਚਾਹੁੰਦੇ ਕਿ ਅੱਲਾਹ ਤੁਹਾਡੀਆਂ ਭੁੱਲਾਂ ਨੂੰ ਮੁਆਫ਼ ਕਰੇ? ਅੱਲਾਹ ਮੁਆਫ਼ ਕਰਨ ਵਾਲਾ ਤੇ ਮਿਹਰਬਾਨ ਹੈ।

وَلَا يَأْتَلِ أُولُو الْفَضْلِ مِنْكُمْ وَالسَّعَةِ أَنْ يُؤْتُوا أُولِي الْقُرْبَىٰ وَالْمَسَاكِينَ وَالْمُهَاجِرِينَ فِي سَبِيلِ اللَّهِ ۖ وَلْيَعْفُوا وَلْيَصْفَحُوا ۗ أَلَا تُحِبُّونَ أَنْ يَغْفِرَ اللَّهُ لَكُمْ ۗ وَاللَّهُ غَفُورٌ رَحِيمٌ ﴿٢٢﴾

23 ਜਿਹੜੇ ਲੋਕ ਪਵਿੱਤਰ ਤੇ ਭੋਲੀ-ਭਾਲੀਆਂ ਈਮਾਨ ਵਾਲੀਆਂ ਔਰਤਾਂ 'ਤੇ ਤੁਹਮਤਾਂ ਲਾਉਂਦੇ ਹਨ ਉਹਨਾਂ ਉੱਤੇ ਲੋਕ-ਪਰਲੋਕ ਵਿਚ ਫ਼ਿਟਕਾਰ ਪਾਈ ਗਈ ਹੈ ਅਤੇ ਉਹਨਾਂ ਲਈ ਵੱਡਾ ਤਕੜਾ ਅਜ਼ਾਬ ਹੈ।

إِنَّ الَّذِينَ يَرْمُونَ الْمُحْصَنَاتِ الْغَافِلَاتِ الْمُؤْمِنَاتِ لُعِنُوا فِي الدُّنْيَا وَالْآخِرَةِ وَلَهُمْ عَذَابٌ عَظِيمٌ ﴿٢٣﴾

24 ਜਦੋਂ ਉਹਨਾ ਦੀਆਂ ਆਪਣੀਆਂ ਜ਼ੁਬਾਨਾਂ ਤੇ ਉਹਨਾਂ ਦੇ ਹੱਥ ਪੈਰ ਉਹਨਾਂ ਦੇ ਵਿਰੁੱਧ ਉਹਨਾਂ ਦੀਆਂ ਕਰਤੂਤਾਂ ਦੀ ਗਵਾਹੀ ਦੇਣਗੇ ਜੋ ਉਹ (ਸੰਸਾਰ ਵਿਚ) ਕਰਿਆ ਕਰਦੇ ਸੀ।

يَوْمَ تَشْهَدُ عَلَيْهِمْ أَلْسِنَتُهُمْ وَأَيْدِيهِمْ وَأَرْجُلُهُمْ بِمَا كَانُوا يَعْمَلُونَ ﴿٢٤﴾

25 ਉਸ ਦਿਨ ਅੱਲਾਹ ਉਹਨਾਂ (ਪਾਪੀਆਂ) ਨੂੰ ਹੱਕ ਤੇ ਇਨਸਾਫ਼ ਨਾਲ (ਬਣਦਾ) ਬਦਲਾ ਦੇਵੇਗਾ ਅਤੇ ਉਹਨਾਂ ਨੂੰ ਪਤਾ ਲੱਗ ਜਾਵੇਗਾ ਕਿ ਅੱਲਾਹ ਹੀ ਸੱਚਾ ਹੈ ਅਤੇ ਉਹੀਓ ਸੱਚ ਨੂੰ ਸਪਸ਼ਟ ਕਰਨ ਵਾਲਾ ਹੈ।

يَوْمَئِذٍ يُوَفِّيهِمُ اللَّهُ دِينَهُمُ الْحَقَّ وَيَعْلَمُونَ أَنَّ اللَّهَ هُوَ الْحَقُّ الْمُبِينُ ﴿٢٥﴾

26. ਨਾ-ਪਾਕ ਔਰਤਾਂ ਨਾ-ਪਾਕ ਮਰਦਾਂ ਲਈ ਹਨ ਅਤੇ ਨਾ-ਪਾਕ ਮਰਦ ਨਾ-ਪਾਕ ਔਰਤਾਂ ਲਈ ਹਨ ਅਤੇ ਪਾਕ ਔਰਤਾਂ ਪਾਕ ਮਰਦਾਂ ਲਈ ਅਤੇ ਪਾਕ ਮਰਦ ਪਾਕ ਔਰਤਾਂ ਦੇ ਯੋਗ ਹਨ। ਇਹ (ਪਾਕ) ਲੋਕ ਉਹਨਾਂ ਗੱਲਾਂ ਤੋਂ ਨਿਰਲੇਪ ਹਨ, ਜਿਹੜੀਆਂ

الْخَبِيثَاتُ لِلْخَبِيثِينَ وَالْخَبِيثُونَ لِلْخَبِيثَاتِ ۖ وَالطَّيِّبَاتُ لِلطَّيِّبِينَ وَالطَّيِّبُونَ لِلطَّيِّبَاتِ ۚ أُولَٰئِكَ مُبَرَّءُونَ مِمَّا يَقُولُونَ ۖ لَهُمْ مَغْفِرَةٌ وَرِزْقٌ كَرِيمٌ ﴿٢٦﴾

ਗੱਲਾਂ (ਗੰਦੀ ਸੋਚ ਵਾਲੇ) ਲੋਕ ਆਖਦੇ ਹਨ। ਉਹਨਾਂ (ਨੇਕ ਲੋਕਾਂ) ਲਈ ਬਖ਼ਸ਼ਿਸ਼ ਅਤੇ ਇੱਜ਼ਤ ਵਾਲਾ ਰਿਜ਼ਕ ਹੈ।

27. ਹੇ ਈਮਾਨ ਵਾਲਿਓ! ਆਪਣੇ ਘਰਾਂ ਤੋਂ ਛੁੱਟ ਪਰਾਏ ਘਰਾਂ ਵਿਚ ਉਦੋਂ ਤਕ ਨਾ ਵੜੋ ਜਦੋਂ ਤਕ ਕਿ ਤੁਸੀਂ ਆਗਿਆ ਨਾ ਲੈ ਲਵੋ ਅਤੇ (ਜਦੋਂ ਆਗਿਆ ਮਿਲ ਜਾਵੇ ਤਾਂ) ਘਰ ਵਾਲਿਆਂ ਨੂੰ ਸਲਾਮ ਕਰੋ। ਇਹੋ ਤੁਹਾਡੇ ਲਈ ਵਧੀਆ ਗੱਲ ਹੈ। ਆਸ ਹੈ ਕਿ ਤੁਸੀਂ ਧਿਆਨ ਰੱਖੋਗੇ।

يَا أَيُّهَا الَّذِينَ آمَنُوا لَا تَدْخُلُوا بُيُوتًا غَيْرَ بُيُوتِكُمْ
حَتَّىٰ تَسْتَأْنِسُوا وَتُسَلِّمُوا عَلَىٰ أَهْلِهَا ۚ ذَٰلِكُمْ
خَيْرٌ لَكُمْ لَعَلَّكُمْ تَذَكَّرُونَ 27

28 ਜੇ ਉੱਥੇ (ਪਰਾਏ ਘਰ) ਤੁਹਾਨੂੰ ਕੋਈ ਨਾ ਮਿਲੇ ਤਾਂ ਬਿਨਾਂ ਆਗਿਆ ਤੋਂ ਅੰਦਰ ਨਾ ਵੜੋ, ਅਤੇ ਜੇ ਤੁਹਾਨੂੰ ਵਾਪਸ ਜਾਣ ਲਈ ਆਖਿਆ ਜਾਵੇ ਤਾਂ ਵਾਪਸ ਮੁੜ ਜਾਓ, ਤੁਹਾਡੇ ਲਈ ਇਹੋ ਵਧੀਆ ਗੱਲ ਹੈ। ਤੁਸੀਂ ਜੋ ਵੀ ਕਰ ਰਹੇ ਹੋ ਅੱਲਾਹ ਉਸ ਨੂੰ ਭਲੀ-ਭਾਂਤ ਜਾਣਦਾ ਹੈ।

فَإِنْ لَمْ تَجِدُوا فِيهَا أَحَدًا فَلَا تَدْخُلُوهَا حَتَّىٰ
يُؤْذَنَ لَكُمْ ۖ وَإِنْ قِيلَ لَكُمُ ارْجِعُوا فَارْجِعُوا ۖ
هُوَ أَزْكَىٰ لَكُمْ ۚ وَاللَّهُ بِمَا تَعْمَلُونَ عَلِيمٌ 28

29 ਹਾਂ ਤੁਹਾਡੇ ਲਈ ਅਜਿਹੇ ਘਰਾਂ ਵਿਚ ਜਾਣ ਵਿਚ ਕੋਈ ਹਰਜ ਨਹੀਂ, ਜਿੱਥੇ ਕਿਸੇ ਦਾ ਨਿਵਾਸ ਸਥਾਨ ਨਾ ਹੋਵੇ (ਭਾਵ ਸਾਂਝੀ ਜਗ੍ਹਾ ਹੋਵੇ) ਜਾਂ ਜਿੱਥੇ ਤੁਹਾਡੇ ਲਾਭ ਦੀ ਕੋਈ ਚੀਜ਼ ਹੋਵੇ (ਜਿਵੇਂ ਹੋਟਲ, ਸਰਾਂ ਜਾਂ ਕਾਰੋਬਾਰੀ ਥਾਵਾਂ)। ਤੁਸੀਂ ਜੋ ਵੀ ਜ਼ਾਹਰ ਕਰਦੇ ਹੋ ਅਤੇ ਜੋ ਤੁਹਾਡੇ (ਦਿਲਾਂ ਵਿਚ) ਲੁਕਿਆ ਹੋਇਆ ਹੈ ਉਹ ਸਭ ਅੱਲਾਹ ਨੂੰ ਪਤਾ ਹੈ।

لَيْسَ عَلَيْكُمْ جُنَاحٌ أَنْ تَدْخُلُوا بُيُوتًا غَيْرَ
مَسْكُونَةٍ فِيهَا مَتَاعٌ لَكُمْ ۚ وَاللَّهُ يَعْلَمُ
مَا تُبْدُونَ وَمَا تَكْتُمُونَ 29

30 (ਹੇ ਨਬੀ!) ਤੁਸੀਂ ਮੁਸਲਮਾਨ ਮਰਦਾਂ ਨੂੰ ਆਖੋ ਕਿ ਉਹ ਆਪਣੀਆਂ ਨਜ਼ਰਾਂ ਨੀਵੀਆਂ ਰੱਖਣ ਅਤੇ ਆਪਣੇ ਗੁਪਤ ਅੰਗਾਂ ਦੀ ਹਿਫ਼ਾਜ਼ਤ ਕਰਨ, ਇਹੋ ਉਹਨਾਂ ਲਈ ਵਧੀਆ ਗੱਲ ਹੈ। ਜੋ ਕੁੱਝ ਵੀ ਉਹ ਕਰਦੇ ਹਨ ਉਹ ਸਭ ਅੱਲਾਹ ਜਾਣਦਾ ਹੈ।

قُلْ لِلْمُؤْمِنِينَ يَغُضُّوا مِنْ أَبْصَارِهِمْ وَيَحْفَظُوا
فُرُوجَهُمْ ۚ ذَٰلِكَ أَزْكَىٰ لَهُمْ ۗ إِنَّ اللَّهَ خَبِيرٌ
بِمَا يَصْنَعُونَ 30

31 ਅਤੇ ਮੁਸਲਮਾਨ ਔਰਤਾਂ ਨੂੰ ਆਖੋ ਕਿ ਉਹ (ਵੀ) ਆਪਣੀਆਂ ਨਜ਼ਰਾਂ ਨੂੰ ਨੀਵੀਆਂ ਕਰਕੇ ਰੱਖਣ ਅਤੇ ਆਪਣੀ ਇੱਜ਼ਤ ਆਬਰੂ (ਗੁਪਤ ਅੰਗਾਂ) ਦੀ ਹਿਫ਼ਾਜ਼ਤ ਕਰਨ, ਆਪਣੀ ਖ਼ੂਬਸੂਰਤੀ ਨੂੰ ਪ੍ਰਗਟ ਨਾ ਹੋਣ ਦੇਣ[1] (ਭਾਵ ਲਿਬਾਸ ਸ਼ਰੀਰ ਨੂੰ ਛਪਾਉਣ ਵਾਲਾ ਪਾਉਣ) ਛੁੱਟ ਉਸ ਤੋਂ ਜਿਹੜਾ ਆਪ ਹੀ ਵਿਖਾਈ ਦਿੰਦਾ ਹੈ (ਜਿਵੇਂ ਹੱਥ ਤੇ ਚਿਹਰਾ) ਅਤੇ ਆਪਣੇ ਸੀਨਿਆਂ ਉੱਤੇ ਆਪਣੀਆਂ (ਵੱਡੀ) ਚੱਦਰ ਦੀ ਬੁੱਕਲ ਮਾਰੀ ਰੱਖਣ। ਆਪਣੇ ਬਣਾਓ ਸ਼ਿੰਗਾਰ (ਮੇਕਅੱਪ) ਨੂੰ ਛੁੱਟ ਆਪਣੇ ਪਤੀ, ਆਪਣੇ ਪਿਤਾ ਜਾਂ ਸੌਹਰਾ ਜਾਂ ਆਪਣੇ ਪੁੱਤਰ ਜਾਂ ਆਪਣੇ ਪਤੀ ਦੇ (ਪਹਿਲੇ) ਪੁੱਤਰ ਜਾਂ ਆਪਣੇ ਭਰਾ ਜਾਂ ਆਪਣੇ ਭਤੀਜੇ ਜਾਂ ਭਾਣਜੇ ਜਾਂ ਆਪਣੀਆਂ ਸਹੇਲੀਆਂ ਜਾਂ ਗ਼ੁਲਾਮ ਜਾਂ ਅਜਿਹੇ ਨੌਕਰ ਜਿਹੜੇ ਕਿਸੇ ਪ੍ਰਕਾਰ ਦੀ ਵਾਸ਼ਨਾ ਨਾ ਰੱਖਦੇ ਹੋਣ ਜਾਂ ਛੋਟੇ ਬੱਚੇ ਜਿਹੜੇ ਜ਼ਨਾਨੀਆਂ ਦੀਆਂ ਗੁਪਤ ਗੱਲਾਂ ਤੋਂ ਅਨਜਾਣ ਹੋਣ, ਕਿਸੇ ਹੋਰ ਅੱਗੇ ਇਜ਼ਹਾਰ ਨਾ ਕਰਨ, ਪ੍ਰਗਟ ਨਾ ਹੋਣ ਦੇਣ ਅਤੇ ਨਾ ਹੀ ਧਰਤੀ ਉੱਤੇ ਦੱਬ ਦੱਬ ਕੇ ਪੈਰਾਂ ਨੂੰ ਮਾਰਦੇ ਹੋਏ ਚੱਲਣ ਜਿਸ ਤੋਂ ਉਹਨਾਂ ਦਾ ਲੁਕਿਆ ਹੋਇਆ ਬਣਾਓ ਸ਼ਿੰਗਾਰ ਦਾ ਪਤਾ ਲੱਗੇ (ਜਿਵੇਂ ਗਹਿਣਿਆਂ ਦੀ ਅਵਾਜ਼ ਜਾਂ ਸ਼ਰੀਰ ਦਾ ਹਿਲਨਾ ਆਦਿ)। ਹੇ ਮੁਸਲਮਾਨੋ! ਤੁਸੀਂ ਸਾਰੇ (ਔਰਤਾਂ ਤੇ ਪੁਰਸ਼) ਅੱਲਾਹ ਦੇ ਹਜ਼ੂਰ ਤੌਬਾ ਕਰੋ ਤਾਂ ਜੋ ਤੁਸੀਂ ਸਫ਼ਲਤਾ ਪ੍ਰਾਪਤ ਕਰ ਸਕੋ।

وَقُلْ لِّلْمُؤْمِنٰتِ يَغْضُضْنَ مِنْ اَبْصَارِهِنَّ
وَيَحْفَظْنَ فُرُوْجَهُنَّ وَلَا يُبْدِيْنَ زِيْنَتَهُنَّ اِلَّا
مَا ظَهَرَ مِنْهَا وَلْيَضْرِبْنَ بِخُمُرِهِنَّ عَلٰى جُيُوْبِهِنَّ
وَلَا يُبْدِيْنَ زِيْنَتَهُنَّ اِلَّا لِبُعُوْلَتِهِنَّ اَوْ اٰبَآئِهِنَّ
اَوْ اٰبَآءِ بُعُوْلَتِهِنَّ اَوْ اَبْنَآئِهِنَّ اَوْ اَبْنَآءِ بُعُوْلَتِهِنَّ
اَوْ اِخْوَانِهِنَّ اَوْ بَنِيْٓ اِخْوَانِهِنَّ اَوْ بَنِيْٓ اَخَوٰتِهِنَّ
اَوْ نِسَآئِهِنَّ اَوْ مَا مَلَكَتْ اَيْمَانُهُنَّ اَوِ التّٰبِعِيْنَ غَيْرِ
اُولِي الْاِرْبَةِ مِنَ الرِّجَالِ اَوِ الطِّفْلِ الَّذِيْنَ لَمْ يَظْهَرُوْا
عَلٰى عَوْرٰتِ النِّسَآءِ وَلَا يَضْرِبْنَ بِاَرْجُلِهِنَّ لِيُعْلَمَ
مَا يُخْفِيْنَ مِنْ زِيْنَتِهِنَّ وَتُوْبُوْٓا اِلَى اللّٰهِ جَمِيْعًا
اَيُّهَ الْمُؤْمِنُوْنَ لَعَلَّكُمْ تُفْلِحُوْنَ (٣١)

[1] ਹਜ਼ਰਤ ਆਇਸ਼ਾ ਫ਼ਰਮਾਂਦੀਆਂ ਹਨ ਕਿ ਜਦੋਂ ਇਹ ਆਇਤ ਨਾਜ਼ਿਲ ਹੋਈ ਤਾਂ ਔਰਤਾਂ ਨੇ ਆਪਣੀਆਂ ਚੱਦਰਾਂ ਨੂੰ ਦੋਨਾਂ ਸਿਰਿਆਂ ਤੋਂ ਪਾੜ ਕੇ ਆਪਣੇ ਉੱਪਰ ਲੈ ਲਈਆਂ। (ਸਹੀ ਬੁਖ਼ਾਰੀ, ਹਦੀਸ: 4759)

32. ਤੁਹਾਡੇ ਵਿੱਚੋਂ ਜਿਹੜੇ ਵੀ ਪੁਰਸ਼ ਤੇ ਇਸਤਰੀਆਂ ਦੇ ਨਿਕਾਹ ਨਹੀਂ ਹੋਏ ਉਹਨਾਂ ਦੇ ਨਿਕਾਹ ਕਰ ਦਿਓ ਅਤੇ ਆਪਣੇ ਨੇਕ ਆਚਰਨ ਵਾਲੇ ਗ਼ੁਲਾਮ ਮੁੰਡੇ ਕੁੜੀਆਂ ਦੇ ਵੀ (ਨਿਕਾਹ ਕਰ ਦਿਓ)। ਜੇਕਰ ਉਹ ਗ਼ਰੀਬ ਵੀ ਹੋਣ ਤਾਂ ਅੱਲਾਹ ਆਪਣੇ ਫ਼ਜ਼ਲਾਂ ਨਾਲ ਉਹਨਾਂ ਨੂੰ ਅਮੀਰ ਬਣਾ ਦੇਵੇਗਾ। ਅੱਲਾਹ ਵੱਡੀਆਂ ਗੁੰਜਾਇਸ਼ਾਂ ਵਾਲਾ ਤੇ (ਹਰੇਕ ਦੇ ਹਾਲ ਦਾ) ਜਾਣਨਹਾਰ ਹੈ।

وَأَنكِحُوا الْأَيَامَىٰ مِنكُمْ وَالصَّالِحِينَ مِنْ عِبَادِكُمْ وَإِمَائِكُمْ ۚ إِن يَكُونُوا فُقَرَاءَ يُغْنِهِمُ اللَّهُ مِن فَضْلِهِ ۗ وَاللَّهُ وَاسِعٌ عَلِيمٌ ﴿٣٢﴾

33 ਜਿਹੜੇ ਲੋਕ ਨਿਕਾਹ ਕਰਵਾਉਣ ਦੀ ਹਿੰਮਤ ਨਹੀਂ ਰੱਖਦੇ, ਉਹਨਾਂ ਨੂੰ ਚਾਹੀਦਾ ਹੈ ਕਿ ਆਪਣੇ ਆਪ ਨੂੰ ਪਾਕ ਰੱਖਣ ਇੱਥੋਂ ਤੀਕ ਕਿ ਅੱਲਾਹ ਉਹਨਾਂ ਨੂੰ ਆਪਣੇ ਫ਼ਜ਼ਲ ਨਾਲ ਅਮੀਰ ਬਣਾ ਦੇਵੇ। ਜੇ ਤੁਹਾਡੇ ਗ਼ੁਲਾਮ (ਗੋਲੇ) ਆਜ਼ਾਦ ਹੋਣ ਲਈ ਲਿਖਤ-ਪੜ੍ਹਤ ਕਰਨਾ ਚਾਹੁਣ ਅਤੇ ਜੇ ਤੁਸੀਂ ਉਹਨਾਂ ਵਿਚ ਕੋਈ ਭਲਾਈ ਵੇਖੋ ਤਾਂ ਉਹਨਾਂ ਨੂੰ ਲਿਖ ਦਿਓ (ਭਾਵ ਆਜ਼ਾਦ ਕਰ ਦਿਓ)। ਅੱਲਾਹ ਨੇ ਜਿਹੜਾ ਮਾਲ ਤੁਹਾਨੂੰ ਦਿੱਤਾ ਹੈ, ਉਸ ਵਿੱਚੋਂ ਉਹਨਾਂ (ਗ਼ੁਲਾਮਾਂ) ਨੂੰ ਵੀ ਦਿਓ। ਜੇ ਤੁਹਾਡੀਆਂ ਗੋਲੀਆਂ (ਗ਼ੁਲਾਮ ਔਰਤਾਂ) ਪਵਿੱਤਰ ਰਹਿਣਾ ਚਾਹੁੰਦੀਆਂ ਹਨ ਤਾਂ ਤੁਸੀਂ ਉਹਨਾਂ ਨੂੰ ਸੰਸਾਰਿਕ ਲਾਭ ਲਈ ਬਦਕਾਰੀ ਕਰਨ ਲਈ ਮਜਬੂਰ ਨਾ ਕਰੋ, ਜਿਹੜਾ ਵੀ ਉਹਨਾਂ ਨੂੰ ਮਜਬੂਰ ਕਰੇਗਾ ਤਾਂ ਅੱਲਾਹ ਉਹਨਾਂ ਦੀ ਮਜਬੂਰੀ ਪਿੱਛੋਂ ਵੀ ਉਹਨਾਂ ਲਈ ਵੱਡਾ ਬਖ਼ਸ਼ਣਹਾਰ ਤੇ ਮਿਹਰਬਾਨ ਹੈ।

وَلْيَسْتَعْفِفِ الَّذِينَ لَا يَجِدُونَ نِكَاحًا حَتَّىٰ يُغْنِيَهُمُ اللَّهُ مِن فَضْلِهِ ۗ وَالَّذِينَ يَبْتَغُونَ الْكِتَابَ مِمَّا مَلَكَتْ أَيْمَانُكُمْ فَكَاتِبُوهُمْ إِنْ عَلِمْتُمْ فِيهِمْ خَيْرًا ۖ وَآتُوهُم مِّن مَّالِ اللَّهِ الَّذِي آتَاكُمْ ۚ وَلَا تُكْرِهُوا فَتَيَاتِكُمْ عَلَى الْبِغَاءِ إِنْ أَرَدْنَ تَحَصُّنًا لِّتَبْتَغُوا عَرَضَ الْحَيَاةِ الدُّنْيَا ۚ وَمَن يُكْرِههُّنَّ فَإِنَّ اللَّهَ مِن بَعْدِ إِكْرَاهِهِنَّ غَفُورٌ رَّحِيمٌ ﴿٣٣﴾

34 ਬੇਸ਼ੱਕ ਅਸੀਂ ਤੁਹਾਡੇ (ਮੁਸਲਮਾਨਾਂ) ਲਈ ਸਪਸ਼ਟ ਤੇ ਸਾਫ਼-ਸਾਫ਼ ਦਰਸਾਉਣ ਵਾਲੀਆਂ ਆਇਤਾਂ (ਹਿਦਾਇਤਾਂ) ਉਤਾਰੀਆਂ ਹਨ ਅਤੇ ਕੁੱਝ ਉਹਨਾਂ ਲੋਕਾਂ ਦੇ ਹਾਲਾਤ ਹਨ ਜੋ ਤੁਹਾਥੋਂ ਪਹਿਲਾਂ ਬੀਤ ਚੁੱਕੇ ਹਨ। ਜੋ ਬੁਰਾਈਆਂ ਤੋਂ ਬਚਣਾ ਚਾਹੁੰਦੇ ਹਨ, ਇਹਨਾਂ ਵਿਚ ਉਨ੍ਹਾਂ ਲਈ ਸਿੱਖਿਆਵਾਂ ਹਨ।

وَلَقَدْ أَنزَلْنَا إِلَيْكُمْ آيَاتٍ مُّبَيِّنَاتٍ وَمَثَلًا مِّنَ الَّذِينَ خَلَوْا مِن قَبْلِكُمْ وَمَوْعِظَةً لِّلْمُتَّقِينَ ﴿٣٤﴾

35 ਅੱਲਾਹ ਅਕਾਸ਼ਾਂ ਤੇ ਧਰਤੀ ਦਾ ਨੂਰ (ਹਿਦਾਇਤ ਦਾ ਸਾਧਨ) ਹੈ, ਉਸ ਦੇ ਨੂਰ ਦੀ ਮਿਸਾਲ ਇੰਜ ਹੈ ਕਿ ਜਿਵੇਂ ਇਕ ਆਲ਼ਾ ਹੋਵੇ ਜਿਸ ਵਿਚ ਇਕ ਚਰਾਗ਼ ਰੱਖਿਆ ਹੋਵੇ ਅਤੇ ਇਹ ਚਰਾਗ਼ ਕਿਸੇ ਫ਼ਾਨੂਸ ਵਿਚ ਹੋਵੇ ਅਤੇ ਫ਼ਾਨੂਸ ਇਸ ਤਰ੍ਹਾਂ ਹੋਵੇ ਜਿਵੇਂ ਲਿਸ਼ਕਦਾ ਹੋਇਆ ਤਾਰਾ ਅਤੇ ਉਹ ਚਰਾਗ਼ ਇਕ ਬਰਕਤਾਂ ਵਾਲੇ ਰੁੱਖ ਜ਼ੈਤੂਨ (ਦੇ ਤੇਲ) ਨਾਲ ਬਾਲਿਆ ਗਿਆ ਹੋਵੇ, ਜਿਸ ਦੀ ਰੌਸ਼ਨੀ ਨਾ ਪੂਰਬ ਵੱਲ ਹੈ ਤੇ ਨਾ ਹੀ ਪੱਛਮ ਵੱਲ। ਜਿਸ ਦਾ ਤੇਲ ਆਪਣੇ ਆਪ ਹੀ ਬਲ ਪੈਂਦਾ ਹੋਵੇ, ਭਾਵੇਂ ਉਸ ਨੂੰ ਅੱਗ ਨਾ ਵੀ ਲੱਗੀ ਹੋਵੇ। ਉਹ ਨੂਰ 'ਤੇ ਨੂਰ ਹੈ। ਅੱਲਾਹ ਆਪਣੇ ਨੂਰ (ਹਿਦਾਇਤ) ਵੱਲ ਜਿਸ ਦੀ ਚਾਹੁੰਦਾ ਹੈ ਅਗਵਾਈ ਕਰਦਾ ਹੈ। ਅੱਲਾਹ ਲੋਕਾਂ ਨੂੰ (ਸਮਝਾਉਣ ਲਈ) ਇਹ ਉਦਾਹਰਨ ਦਿੰਦਾ ਹੈ। ਅੱਲਾਹ ਹਰ ਚੀਜ਼ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

اللَّهُ نُورُ السَّمَاوَاتِ وَالْأَرْضِ ۚ مَثَلُ نُورِهِ كَمِشْكَاةٍ
فِيهَا مِصْبَاحٌ ۖ الْمِصْبَاحُ فِي زُجَاجَةٍ ۖ الزُّجَاجَةُ كَأَنَّهَا
كَوْكَبٌ دُرِّيٌّ يُوقَدُ مِنْ شَجَرَةٍ مُبَارَكَةٍ زَيْتُونَةٍ
لَا شَرْقِيَّةٍ وَلَا غَرْبِيَّةٍ يَكَادُ زَيْتُهَا يُضِيءُ وَلَوْ
لَمْ تَمْسَسْهُ نَارٌ ۚ نُورٌ عَلَىٰ نُورٍ ۗ يَهْدِي اللَّهُ لِنُورِهِ
مَنْ يَشَاءُ ۚ وَيَضْرِبُ اللَّهُ الْأَمْثَالَ لِلنَّاسِ ۗ
وَاللَّهُ بِكُلِّ شَيْءٍ عَلِيمٌ ﴿٣٥﴾

36 (ਇਸ ਨੂਰ ਤੋਂ ਲਾਭ ਉਠਾਉਣ ਵਾਲੇ) ਉਹਨਾਂ ਘਰਾਂ (ਮਸੀਤਾਂ) ਵਿਚ ਮਿਲਦੇ ਹਨ, ਜਿਨ੍ਹਾਂ ਨੂੰ ਉੱਚਾ ਰੱਖਣ ਦਾ ਅਤੇ ਉਹਨਾਂ ਵਿਚ ਅੱਲਾਹ ਦਾ ਨਾਂ ਜਪਣ ਦਾ ਅੱਲਾਹ ਨੇ ਹੁਕਮ ਦਿੱਤਾ ਹੈ। ਉੱਥੇ ਉਹ ਲੋਕ ਰਹਿੰਦੇ ਹਨ ਜਿਹੜੇ ਸਵੇਰੇ-ਸ਼ਾਮ (ਹਰ ਵੇਲੇ) ਅੱਲਾਹ ਦੀ ਤਸਬੀਹ ਕਰਦੇ ਹਨ।[1]

فِي بُيُوتٍ أَذِنَ اللَّهُ أَنْ تُرْفَعَ وَيُذْكَرَ فِيهَا اسْمُهُ
يُسَبِّحُ لَهُ فِيهَا بِالْغُدُوِّ وَالْآصَالِ ﴿٣٦﴾

37. ਅਜਿਹੇ ਲੋਕ ਜਿਨ੍ਹਾਂ ਨੂੰ ਕਾਰੋਬਾਰ ਅਤੇ ਖ਼ਰੀਦ-ਵੇਚ ਅੱਲਾਹ ਦੀ ਯਾਦ ਅਤੇ ਨਮਾਜ਼ ਕਾਇਮ ਕਰਨ ਅਤੇ ਜ਼ਕਾਤ ਦੇਣ ਤੋਂ ਭੁਲਾ ਨਹੀਂ ਦਿੰਦੀ, ਉਹ ਉਸ ਦਿਹਾੜੇ ਤੋਂ ਡਰਦੇ ਹਨ, ਜਦੋਂ ਦਿਲ ਅਤੇ ਅੱਖਾਂ ਉਲਟਾ ਦਿੱਤੀਆਂ ਜਾਣਗੀਆਂ।

رِجَالٌ لَا تُلْهِيهِمْ تِجَارَةٌ وَلَا بَيْعٌ عَنْ ذِكْرِ اللَّهِ
وَإِقَامِ الصَّلَاةِ وَإِيتَاءِ الزَّكَاةِ ۙ يَخَافُونَ يَوْمًا
تَتَقَلَّبُ فِيهِ الْقُلُوبُ وَالْأَبْصَارُ ﴿٣٧﴾

---

[1] ਇਕ ਹਦੀਸ ਵਿਚ ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਜਦੋਂ ਤੁਸੀਂ ਮਸੀਤ ਵਿਚ ਦਾਖ਼ਿਲ ਹੋਵੋ ਤਾਂ ਬੈਠਣ ਤੋਂ ਪਹਿਲਾਂ ਦੋ ਰਕਾਤ ਨਮਾਜ਼ ਪੜ੍ਹ ਲੈਣੀ ਚਾਹੀਦੀ ਹੈ। (ਸਹੀ ਬੁਖ਼ਾਰੀ, ਹਦੀਸ: 444)

لِيَجْزِيَهُمُ اللَّهُ أَحْسَنَ مَا عَمِلُوا وَيَزِيدَهُم مِّن فَضْلِهِ ۗ وَاللَّهُ يَرْزُقُ مَن يَشَاءُ بِغَيْرِ حِسَابٍ ﴿٣٨﴾

38 (ਉਹ ਨੇਕ ਅਮਲ ਇਸ ਆਸ ਵਿਚ ਕਰਦੇ ਹਨ) ਤਾਂ ਜੋ ਅੱਲਾਹ ਉਹਨਾਂ ਨੂੰ ਉਹਨਾਂ ਦੇ ਕੀਤੇ ਕਰਮਾਂ ਦਾ ਵਧੀਆ ਬਦਲਾ ਦੇਵੇ ਅਤੇ ਆਪਣੇ ਫ਼ਜ਼ਲ (ਕ੍ਰਿਪਾ) ਤੋਂ ਕੁੱਝ ਹੋਰ ਵਧਾ ਕੇ ਦੇਵੇ। ਅੱਲਾਹ ਜਿਸ ਨੂੰ ਵੀ ਚਾਹੇ ਬੇਹਿਸਾਬ ਰਿਜ਼ਕ ਨਾਲ ਨਿਵਾਜ਼ਦਾ ਹੈ।

وَالَّذِينَ كَفَرُوا أَعْمَالُهُمْ كَسَرَابٍ بِقِيعَةٍ يَحْسَبُهُ الظَّمْآنُ مَاءً حَتَّىٰ إِذَا جَاءَهُ لَمْ يَجِدْهُ شَيْئًا وَوَجَدَ اللَّهَ عِندَهُ فَوَفَّاهُ حِسَابَهُ ۗ وَاللَّهُ سَرِيعُ الْحِسَابِ ﴿٣٩﴾

39 ਅਤੇ ਕਾਫ਼ਿਰਾਂ ਦੇ ਕੰਮਾਂ ਦੀ ਉਦਾਹਰਨ ਇਕ ਰੜੇ ਮੈਦਾਨ ਵਿਚ ਚਮਕਦੀ ਹੋਈ ਰੇਤ ਦੀ ਹੈ। ਇਕ ਪਿਆਸਾ ਵਿਅਕਤੀ ਦੂਰ ਤੋਂ ਇਸ (ਰੇਤ) ਨੂੰ ਪਾਣੀ ਸਮਝਦਾ ਰਿਹਾ ਪਰੰਤੂ ਜਦੋਂ ਉਸ ਦੇ ਨੇੜੇ ਪਹੁੰਚਦਾ ਹੈ ਤਾਂ ਉੱਥੇ (ਪੀਣ ਨੂੰ) ਕੁੱਝ ਵੀ ਨਹੀਂ ਮਿਲਦਾ,[1] ਹਾਂ। ਅੱਲਾਹ ਨੂੰ ਜ਼ਰੂਰ ਆਪਣੇ ਕੋਲ ਵੇਖਦਾ ਹੈ ਜਿਹੜਾ ਉਸ (ਕਾਫ਼ਿਰ) ਦਾ ਪੂਰਾ-ਪੂਰਾ ਲੇਖਾ ਜੋਖਾ ਕਰਦਾ ਹੈ। ਅੱਲਾਹ ਹਿਸਾਬ ਲੈਣ ਵਿਚ ਛੇਤੀ ਕਰਨ ਵਾਲਾ ਹੈ।

أَوْ كَظُلُمَاتٍ فِي بَحْرٍ لُّجِّيٍّ يَغْشَاهُ مَوْجٌ مِّن فَوْقِهِ مَوْجٌ مِّن فَوْقِهِ سَحَابٌ ۚ ظُلُمَاتٌ بَعْضُهَا فَوْقَ بَعْضٍ إِذَا أَخْرَجَ يَدَهُ لَمْ يَكَدْ يَرَاهَا ۗ وَمَن لَّمْ يَجْعَلِ اللَّهُ لَهُ نُورًا فَمَا لَهُ مِن نُّورٍ ﴿٤٠﴾

40. ਜਾਂ ਕਾਫ਼ਿਰਾਂ ਦੇ ਅਮਲਾਂ ਦੀ ਉਦਾਹਰਨ ਉਹਨਾਂ ਹਨੇਰਿਆਂ ਵਾਂਗ ਹੈ ਜਿਸ ਨੂੰ ਇਕ ਲਹਿਰ (ਪਾਣੀ ਦੀ ਛੱਲ) ਢੱਕ ਲਵੇ ਇਸ ਦੇ ਉੱਪਰ ਇਕ ਲਹਿਰ ਹੋਰ ਹੋਵੇ, ਫੇਰ ਉੱਪਰ ਤੋਂ ਬੱਦਲ ਛਾ ਜਾਵੇ ਭਾਵ ਉੱਪਰ ਥੱਲੇ ਹਨੇਰਾ ਹੀ ਹਨੇਰਾ ਛਾ ਜਾਵੇ, ਜਦੋਂ ਉਹ ਆਪਣਾ ਹੱਥ ਕੱਢੇ ਤਾਂ ਉਸ ਨੂੰ ਵੀ ਨਾ ਵੇਖ ਸਕੇ ਅਸਲ ਗੱਲ ਇਹ ਹੈ ਕਿ ਜਿਸ ਨੂੰ ਅੱਲਾਹ ਹੀ ਨੂਰ (ਹਿਦਾਇਤ) ਤੋਂ ਨਾ ਨਿਵਾਜ਼ੇ ਉਸ ਲਈ (ਕਿਸੇ ਪਾਸਿਓਂ) ਕੋਈ ਵੀ ਨੂਰ ਨਹੀਂ।

أَلَمْ تَرَ أَنَّ اللَّهَ يُسَبِّحُ لَهُ مَن فِي السَّمَاوَاتِ وَالْأَرْضِ وَالطَّيْرُ صَافَّاتٍ ۖ كُلٌّ قَدْ عَلِمَ صَلَاتَهُ وَتَسْبِيحَهُ ۗ وَاللَّهُ عَلِيمٌ بِمَا يَفْعَلُونَ ﴿٤١﴾

41. ਕੀ ਤੁਸੀਂ ਵੇਖਦੇ ਨਹੀਂ ਕਿ ਅਕਾਸ਼ ਅਤੇ ਧਰਤੀ ਦੇ ਵਿਚਕਾਰ ਦੀ ਹਰੇਕ ਚੀਜ਼, ਖੰਭ ਪਸਾਰੀਂ ਉੱਡਦੇ ਹੋਏ ਪੰਖ-ਪਖੇਰੂ ਅੱਲਾਹ ਦੀ ਤਸਬੀਹ ਵਿਚ ਰੁੱਝੇ ਹੋਏ ਹਨ। ਹਰੇਕ ਆਪਣੀ ਨਮਾਜ਼ ਤੇ ਤਸਬੀਹ ਨੂੰ ਜਾਣਦਾ

[1] ਭਾਵ ਕਾਫ਼ਿਰ ਦੇ ਅਮਲ ਉਸ ਪਿਆਸੇ ਵਿਅਕਤੀ ਵਾਂਗ ਹਨ ਜਿਹੜਾ 'ਸਰਾਬ' ਵਾਂਗ ਹੈ ਜਦੋਂ ਕਾਫ਼ਿਰ ਅੱਲਾਹ ਨੂੰ ਮਿਲੇਗਾ ਤਾਂ ਉਹ ਇਹ ਵਿਚਾਰੇਗਾ ਕਿ ਅੱਲਾਹ ਉਸ ਨੂੰ ਆਪਣੇ ਵੱਲੋਂ ਉਸ ਦੇ ਨੇਕ ਅਮਲਾਂ ਦਾ ਚੰਗਾ ਬਦਲਾ ਦੇਵੇਗਾ। ਪਰ 'ਸਰਾਬ' ਵਾਂਗ ਉਸ ਕੁਝ ਵੀ ਨਹੀਂ ਮਿਲੇਗਾ ਅਤੇ ਉਸ ਨੂੰ ਨਰਕ ਵਿਚ ਸੁੱਟ ਦਿੱਤਾ ਜਾਵੇਗਾ।

ਹੈ ਅਤੇ ਉਹ ਜੋ ਵੀ ਕਰਦੇ ਹਨ ਅੱਲਾਹ ਉਸ ਤੋਂ ਭਲੀ-ਭਾਂਤ ਜਾਣੂ ਹੈ।

42 ਅਤੇ ਅਕਾਸ਼ਾਂ ਤੇ ਧਰਤੀ ਦਾ ਮਾਲਿਕ ਉਹੀਓ ਅੱਲਾਹ ਹੈ ਅਤੇ ਉਸੇ ਅੱਲਾਹ ਵੱਲ ਹੀ (ਸਭ ਨੇ) ਪਰਤਣਾ ਹੈ।

وَلِلَّهِ مُلْكُ السَّمَاوَاتِ وَالْأَرْضِ ۖ وَإِلَى اللَّهِ
الْمَصِيرُ 42

43. ਕੀ ਤੁਸੀਂ ਨਹੀਂ ਵੇਖਦੇ ਕਿ ਅੱਲਾਹ ਹੀ ਬੱਦਲਾਂ ਨੂੰ ਤੋਰਦਾ ਹੈ, ਫੇਰ ਉਹਨਾਂ ਨੂੰ ਇਕ ਦੂਜੇ ਨਾਲ ਮਿਲਾਉਂਦਾ ਹੈ, ਫੇਰ ਉਹਨਾਂ ਨੂੰ ਉੱਪਰ ਥੱਲੇ ਕਰ ਦਿੰਦਾ ਹੈ, ਫੇਰ ਤੁਸੀਂ ਵੇਖਦੇ ਹੋ ਕਿ ਉਹਨਾਂ ਬੱਦਲਾਂ ਵਿੱਚੋਂ ਵਰਖਾ ਨਿਕਲਦੀ ਹੈ। ਇੰਜ ਲਗਦਾ ਹੈ ਜਿਵੇਂ ਉਹੀਓ ਅਕਾਸ਼ ਤੋਂ ਬਰਫ਼ ਓਲੇ ਦੇ ਪਹਾੜਾਂ ਵਿੱਚੋਂ ਗੜੇ ਵਰਸਾਉਂਦਾ ਹੈ। ਫੇਰ ਉਹਨਾਂ ਨੂੰ ਜਿੱਥੇ ਚਾਹੁੰਦਾ ਹੈ ਭੇਜ ਦਿੰਦਾ ਹੈ ਅਤੇ ਜਿੱਥੋਂ ਚਾਹੇ ਮੋੜ ਲੈਂਦਾ ਹੈ। ਬੱਦਲਾਂ ਤੋਂ ਨਿਕਲਣ ਵਾਲੀ ਬਿਜਲੀ ਦੀ ਲਿਸ਼ਕ ਅਜਿਹੀ ਹੁੰਦੀ ਹੈ ਕਿ ਜਿਵੇਂ ਅੱਖਾਂ ਦੀ ਰੌਸ਼ਨੀ ਹੀ ਚੱਲੀ ਜਾਵੇ।

أَلَمْ تَرَ أَنَّ اللَّهَ يُزْجِي سَحَابًا ثُمَّ يُؤَلِّفُ بَيْنَهُ
ثُمَّ يَجْعَلُهُ رُكَامًا فَتَرَى الْوَدْقَ يَخْرُجُ مِنْ
خِلَالِهِ وَيُنَزِّلُ مِنَ السَّمَاءِ مِنْ جِبَالٍ فِيهَا مِنْ
بَرَدٍ فَيُصِيبُ بِهِ مَنْ يَشَاءُ وَيَصْرِفُهُ عَنْ مَنْ
يَشَاءُ ۖ يَكَادُ سَنَا بَرْقِهِ يَذْهَبُ بِالْأَبْصَارِ 43

44 ਅੱਲਾਹ ਹੀ ਰਾਤ ਤੇ ਦਿਨ ਦਾ ਉਲਟ ਫੇਰ ਕਰਦਾ ਰਹਿੰਦਾ ਹੈ। ਵੇਖਣ ਵਾਲਿਆਂ ਲਈ ਤਾਂ ਇਸ ਵਿਚ ਗ੍ਰਹਿਣ ਕਰਨ ਲਈ ਸਿੱਖਿਆਵਾਂ ਹਨ।

يُقَلِّبُ اللَّهُ اللَّيْلَ وَالنَّهَارَ ۚ إِنَّ فِي ذَٰلِكَ
لَعِبْرَةً لِأُولِي الْأَبْصَارِ 44

45. ਅੱਲਾਹ ਨੇ ਧਰਤੀ 'ਤੇ ਤੁਰਨ ਵਾਲੇ ਹਰ ਜੀਵ-ਜੰਤੂ ਨੂੰ ਪਾਣੀ ਤੋਂ ਹੀ ਪੈਦਾ ਕੀਤਾ ਹੈ ਉਹਨਾਂ ਵਿੱਚੋਂ ਕੋਈ ਤਾਂ ਆਪਣੇ ਢਿੱਡ ਪਰਨੇ ਰਿੜ੍ਹਦਾ ਹੈ ਕੁੱਝ ਦੋ ਪੈਰਾਂ 'ਤੇ ਤੁਰਦਾ ਹੈ ਅਤੇ ਕੋਈ ਚਾਰ ਪੈਰਾਂ 'ਤੇ ਤੁਰਦਾ ਹੈ। (ਭਾਵ) ਅੱਲਾਹ ਜਿਵੇਂ ਚਾਹਵੇ ਉਵੇਂ ਪੈਦਾ ਕਰਦਾ ਹੈ। ਨਿਰਸੰਦੇਹ, ਅੱਲਾਹ ਹਰ ਪ੍ਰਕਾਰ ਦੀ ਸਮਰਥਾ ਰੱਖਦਾ ਹੈ।

وَاللَّهُ خَلَقَ كُلَّ دَابَّةٍ مِنْ مَاءٍ ۖ فَمِنْهُمْ مَنْ يَمْشِي
عَلَىٰ بَطْنِهِ وَمِنْهُمْ مَنْ يَمْشِي عَلَىٰ رِجْلَيْنِ
وَمِنْهُمْ مَنْ يَمْشِي عَلَىٰ أَرْبَعٍ ۚ يَخْلُقُ اللَّهُ
مَا يَشَاءُ ۚ إِنَّ اللَّهَ عَلَىٰ كُلِّ شَيْءٍ قَدِيرٌ 45

46 ਬੇਸ਼ੱਕ ਅਸਾਂ ਰੌਸ਼ਨ ਰਾਹ ਵਿਖਾਉਣ ਵਾਲਿਆਂ 'ਤੇ ਸਪਸ਼ਟ ਆਇਤਾਂ (ਸਿੱਖਿਆਵਾਂ) ਉੱਤਾਰੀਆਂ ਹਨ, ਪਰ ਸਿੱਧੀ ਰਾਹ ਜਿਸ ਨੂੰ ਅੱਲਾਹ ਚਾਹਵੇ, ਉਸ ਨੂੰ ਵਿਖਾਉਂਦਾ ਹੈ।

لَقَدْ أَنْزَلْنَا آيَاتٍ مُبَيِّنَاتٍ ۚ وَاللَّهُ يَهْدِي
مَنْ يَشَاءُ إِلَىٰ صِرَاطٍ مُسْتَقِيمٍ 46

47. ਅਤੇ ਉਹ (ਪਖੰਡੀ) ਲੋਕ ਆਖਦੇ ਹਨ ਕਿ ਅਸੀਂ ਅੱਲਾਹ ਅਤੇ ਉਸ ਦੇ ਰਸੂਲ ਉੱਤੇ ਈਮਾਨ ਲਿਆਏ ਅਤੇ ਤਾਬੇਦਾਰੀ ਕਬੂਲ ਕਰਦੇ ਹਾਂ, ਪਰ ਮਗਰੋਂ ਉਹਨਾਂ ਵਿੱਚੋਂ ਇਕ ਧੜਾ ਮੂੰਹ ਫੇਰ ਲੈਂਦਾ ਹੈ, ਅਜਿਹੇ ਲੋਕ ਈਮਾਨ ਵਾਲੇ ਨਹੀਂ।

وَيَقُولُونَ آمَنَّا بِاللَّهِ وَبِالرَّسُولِ وَأَطَعْنَا ثُمَّ
يَتَوَلَّىٰ فَرِيقٌ مِّنْهُم مِّن بَعْدِ ذَٰلِكَ ۚ وَمَا أُولَٰئِكَ
بِالْمُؤْمِنِينَ ﴿47﴾

48 ਜਦੋਂ ਉਹਨਾਂ ਨੂੰ ਇਸ ਗੱਲ ਲਈ ਬੁਲਾਇਆ ਜਾਂਦਾ ਹੈ ਕਿ ਅੱਲਾਹ ਅਤੇ ਉਸ ਦਾ ਰਸੂਲ (ਮੁਹੰਮਦ ਸ:) ਉਹਨਾਂ ਦੇ ਕਿਸੇ ਆਪਸੀ ਝਗੜੇ ਦਾ ਫ਼ੈਸਲਾ ਕਰਨ ਤਾਂ ਅਚਣਚੇਤ ਉਹਨਾਂ ਵਿੱਚੋਂ ਇਕ ਧਿਰ ਮੂੰਹ ਮੋੜ ਲੈਂਦੀ ਹੈ।

وَإِذَا دُعُوا إِلَى اللَّهِ وَرَسُولِهِ لِيَحْكُمَ بَيْنَهُمْ
إِذَا فَرِيقٌ مِّنْهُم مُّعْرِضُونَ ﴿48﴾

49. ਹਾਂ ਜੇ ਫ਼ੈਸਲਾ ਉਹਨਾਂ ਦੇ ਹੱਕ ਵਿਚ ਹੋਵੇ ਤਾਂ ਆਗਿਆਕਾਰੀ ਬਣਕੇ ਆ ਜਾਂਦੇ ਹਨ।

وَإِن يَكُن لَّهُمُ الْحَقُّ يَأْتُوا إِلَيْهِ مُذْعِنِينَ ﴿49﴾

50 ਕੀ ਉਹਨਾਂ ਦੇ ਦਿਲਾਂ ਵਿਚ ਕੋਈ ਬੀਮਾਰੀ ਹੈ ਜਾਂ ਇਹ ਕਿਸੇ ਸੰਦੇਹ ਵਿਚ ਹਨ ਜਾਂ ਉਹਨਾਂ ਨੂੰ ਇਸ ਗੱਲ ਦਾ ਡਰ ਹੈ ਕਿ ਅੱਲਾਹ ਅਤੇ ਉਸ ਦਾ ਰਸੂਲ ਉਹਨਾਂ ਨਾਲ ਧੱਕਾ ਕਰਨਗੇ। ਜਦ ਕਿ ਇਹ ਲੋਕ ਤਾਂ ਆਪ ਹੀ ਜ਼ਾਲਿਮ ਹਨ।

أَفِي قُلُوبِهِم مَّرَضٌ أَمِ ارْتَابُوا أَمْ يَخَافُونَ أَن
يَحِيفَ اللَّهُ عَلَيْهِمْ وَرَسُولُهُ ۚ بَلْ أُولَٰئِكَ
هُمُ الظَّالِمُونَ ﴿50﴾

51 ਈਮਾਨ ਵਾਲਿਆਂ ਦਾ ਹਾਲ ਤਾਂ ਇਹ ਹੈ ਕਿ ਜਦੋਂ ਉਹਨਾਂ ਨੂੰ ਅੱਲਾਹ ਤੇ ਉਸ ਦੇ ਰਸੂਲ ਵੱਲ ਸੱਦਿਆ ਜਾਂਦਾ ਹੈ ਤਾਂ ਜੋ ਰਸੂਲ ਉਹਨਾਂ ਦੇ ਕਿਸੇ ਝਗੜੇ ਦਾ ਫ਼ੈਸਲਾ ਕਰੇ ਤਾਂ ਉਹ ਆਖਦੇ ਹਨ ਕਿ ਅਸੀਂ ਸੁਣਿਆ ਅਤੇ ਸਵੀਕਾਰ ਵੀ ਕੀਤਾ। ਅਜਿਹੇ (ਆਗਿਆਕਾਰੀ) ਲੋਕ ਹੀ ਸਫ਼ਲਤਾ ਪ੍ਰਾਪਤ ਕਰਨ ਵਾਲੇ ਹਨ।

إِنَّمَا كَانَ قَوْلَ الْمُؤْمِنِينَ إِذَا دُعُوا إِلَى اللَّهِ
وَرَسُولِهِ لِيَحْكُمَ بَيْنَهُمْ أَن يَقُولُوا سَمِعْنَا
وَأَطَعْنَا ۚ وَأُولَٰئِكَ هُمُ الْمُفْلِحُونَ ﴿51﴾

52 ਜਿਹੜੇ ਵੀ ਅੱਲਾਹ ਅਤੇ ਉਸ ਦੇ ਰਸੂਲ (ਮੁਹੰਮਦ ਸ:) ਦੀ ਤਾਬੇਦਾਰੀ ਕਰਨਗੇ, ਅੱਲਾਹ ਦਾ ਡਰ-ਭੌਅ (ਮਨਾਂ ਵਿਚ) ਰੱਖਣਗੇ ਅਤੇ ਉਸ ਦੇ ਹੁਕਮਾਂ ਦੀ ਉਲੰਘਣਾ ਤੋਂ ਬਚਣਗੇ ਉਹੀਓ (ਪਰਲੋਕ ਵਿਚ) ਕਾਮਯਾਬ ਹੋਣਗੇ।

وَمَن يُطِعِ اللَّهَ وَرَسُولَهُ وَيَخْشَ اللَّهَ وَيَتَّقْهِ
فَأُولَٰئِكَ هُمُ الْفَائِزُونَ ﴿52﴾

وَأَقْسَمُوا بِاللَّهِ جَهْدَ أَيْمَانِهِمْ لَئِنْ أَمَرْتَهُمْ
لَيَخْرُجُنَّ ۖ قُلْ لَا تُقْسِمُوا ۖ طَاعَةٌ مَعْرُوفَةٌ ۚ
إِنَّ اللَّهَ خَبِيرٌ بِمَا تَعْمَلُونَ ٥٣

53 ਇਹ (ਮੁਨਾਫ਼ਿਕ) ਅੱਲਾਹ ਦੇ ਨਾਂ ਦੀਆਂ ਪੱਕੀਆਂ ਕਸਮਾਂ ਚੁੱਕ ਚੁੱਕ ਕੇ ਆਖਦੇ ਹਨ ਕਿ (ਹੇ ਨਬੀ!) ਜੇ ਤੁਸੀਂ ਹੁਕਮ ਦਿਓ ਤਾਂ ਅਸੀਂ ਅਵਸ਼ ਜਿਹਾਦ ਲਈ ਨਿਕਲਾਂਗੇ। (ਹੇ ਨਬੀ!) ਉਹਨਾਂ ਨੂੰ ਆਖੋ ਕਿ ਕਸਮਾਂ ਨਾ ਖਾਓ, ਤੁਹਾਡੀ ਆਗਿਆਕਾਰੀ ਦਾ ਪਤਾ ਹੈ, ਜੋ ਵੀ ਤੁਸੀਂ (ਪਾਖੰਡ) ਕਰ ਰਹੇ ਹੋ ਅੱਲਾਹ ਨੂੰ ਸਭ ਪਤਾ ਹੈ।

قُلْ أَطِيعُوا اللَّهَ وَأَطِيعُوا الرَّسُولَ ۖ فَإِنْ تَوَلَّوْا
فَإِنَّمَا عَلَيْهِ مَا حُمِّلَ وَعَلَيْكُمْ مَا حُمِّلْتُمْ ۖ
وَإِنْ تُطِيعُوهُ تَهْتَدُوا ۚ وَمَا عَلَى الرَّسُولِ إِلَّا
الْبَلَاغُ الْمُبِينُ ٥٤

54 (ਹੇ ਨਬੀ!) ਉਹਨਾਂ ਨੂੰ ਕਹਿ ਦਿਓ ਕਿ ਅੱਲਾਹ ਦੇ ਹੁਕਮਾਂ ਦੀ ਪਾਲਣਾ ਕਰੋ ਤੇ ਉਸ ਦੇ ਰਸੂਲ (ਮੁਹੰਮਦ ਸ:) ਦੀ ਤਾਬੇਦਾਰੀ ਕਰੋ, ਪਰ ਜੇ ਤੁਸੀਂ ਮੂੰਹ ਮੋੜਦੇ ਹੋ (ਤਾਂ ਤੁਹਾਡੀ ਇੱਛਾ) ਰਸੂਲ ਦੇ ਜ਼ਿੰਮੇ ਤਾਂ ਉਹੀ ਹੈ ਜਿਹੜੇ ਕੰਮ ਦਾ ਉਸ 'ਤੇ ਭਾਰ ਰੱਖਿਆ ਗਿਆ ਹੈ। ਤੁਹਾਡੇ ਉੱਤੇ ਜਿਸ ਕੰਮ ਦਾ ਭਾਰ ਪਾਇਆ ਗਿਆ ਹੈ ਉਸ ਦੇ ਜ਼ਿੰਮੇਵਾਰ ਤੁਸੀਂ ਹੋ। ਹਿਦਾਇਤ ਤਾਂ ਉਸ ਸਮੇਂ ਹੀ ਮਿਲੇਗੀ ਜਦੋਂ ਰਸੂਲ ਦੀ ਤਾਬੇਦਾਰੀ ਕਰੋਗੇ। ਰਸੂਲ ਦੇ ਜ਼ਿੰਮੇ ਤਾਂ ਕੇਵਲ (ਅੱਲਾਹ ਦੇ ਹੁਕਮਾਂ ਨੂੰ ਲੋਕਾਂ ਤੀਕ ਵਿਸਥਾਰ ਨਾਲ) ਪਹੁੰਚਾਣਾ ਹੈ।

وَعَدَ اللَّهُ الَّذِينَ آمَنُوا مِنْكُمْ وَعَمِلُوا الصَّالِحَاتِ
لَيَسْتَخْلِفَنَّهُمْ فِي الْأَرْضِ كَمَا اسْتَخْلَفَ الَّذِينَ
مِنْ قَبْلِهِمْ وَلَيُمَكِّنَنَّ لَهُمْ دِينَهُمُ الَّذِي ارْتَضَىٰ
لَهُمْ وَلَيُبَدِّلَنَّهُمْ مِنْ بَعْدِ خَوْفِهِمْ أَمْنًا ۚ
يَعْبُدُونَنِي لَا يُشْرِكُونَ بِي شَيْئًا ۚ وَمَنْ كَفَرَ بَعْدَ
ذَٰلِكَ فَأُولَٰئِكَ هُمُ الْفَاسِقُونَ ٥٥

55 ਅੱਲਾਹ ਨੇ ਤੁਹਾਡੇ ਵਿੱਚੋਂ ਉਹਨਾਂ ਲੋਕਾਂ ਨੂੰ ਵਚਨ ਦਿੱਤਾ ਹੈ, ਜਿਹੜੇ ਈਮਾਨ ਲਿਆਏ ਹਨ ਅਤੇ ਨੇਕ ਕੰਮ ਕਰਦੇ ਹਨ, ਕਿ ਉਹਨਾਂ ਨੂੰ ਜ਼ਰੂਰ ਹੀ ਇਸ ਧਰਤੀ ਦੀ ਹਕੂਮਤ ਮਿਲੇਗੀ, ਜਿਵੇਂ ਕਿ ਉਸ ਨੇ ਇਹਨਾਂ ਤੋਂ ਪਹਿਲੇ ਲੋਕਾਂ ਨੂੰ ਖ਼ਲੀਫ਼ਾ (ਹਾਕਮ) ਬਣਾਇਆ ਸੀ। ਉਹਨਾਂ ਲਈ ਇਸ ਧਰਮ (ਇਸਲਾਮ) ਨੂੰ ਪੱਕੀਆਂ ਨੀਹਾਂ 'ਤੇ ਜਮਾਂ ਦੇਵੇਗਾ ਜਿਸ ਨੂੰ ਅੱਲਾਹ ਨੇ ਉਹਨਾਂ ਲਈ ਪਸੰਦ ਕੀਤਾ ਹੈ ਅਤੇ ਉਹਨਾਂ ਦੇ ਡਰ-ਭੌਅ ਨੂੰ ਅਮਨ ਸ਼ਾਂਤੀ ਵਿਚ ਬਦਲ ਦੇਵੇਗਾ। ਬਸ ਉਹ ਮੇਰੀ ਬੰਦਗੀ ਕਰਨਗੇ ਅਤੇ ਮੇਰੇ ਸੰਗ ਕਿਸੇ ਨੂੰ (ਬੰਦਗੀ ਵਿਚ) ਸ਼ਰੀਕ ਨਹੀਂ ਕਰਨਗੇ। ਜੇ ਕੋਈ ਇਸ ਤੋਂ ਬਾਅਦ ਵੀ ਨਾ-ਸ਼ੁਕਰੀ ਕਰੇ, ਫੇਰ ਉਹ ਫ਼ਾਸਿਕ (ਝੂਠੇ ਲੋਕ) ਹਨ।

56. ਤੁਸੀਂ ਨਮਾਜ਼ ਨੂੰ ਕਾਇਮ ਰੱਖੋ, ਜ਼ਕਾਤ ਅਦਾ ਕਰੋ ਅਤੇ ਰਸੂਲ ਦੀ ਤਾਬੇਦਾਰੀ ਕਰੋ ਤਾਂ ਜੋ ਤੁਹਾਡੇ 'ਤੇ ਮਿਹਰਾਂ ਹੁੰਦੀਆਂ ਰਹਿਣ।

وَأَقِيمُوا الصَّلَاةَ وَآتُوا الزَّكَاةَ وَأَطِيعُوا الرَّسُولَ
لَعَلَّكُمْ تُرْحَمُونَ ﴿٥٦﴾

57 (ਹੇ ਨਬੀ ਸ:!) ਕਾਫ਼ਿਰਾਂ ਬਾਰੇ ਆਪਣੇ ਮਨ ਵਿਚ ਕਦੇ ਵੀ ਇਹ ਖ਼ਿਆਲ ਨਹੀਂ ਲਿਆਉਣਾ ਕਿ ਉਹ (ਇਨਕਾਰੀ) ਲੋਕ ਧਰਤੀ 'ਤੇ ਅੱਲਾਹ ਨੂੰ ਆਜਿਜ਼ (ਬੇਵਸ) ਕਰ ਦੇਣਗੇ। ਉਹਨਾਂ ਦਾ ਅਸਲੀ ਟਿਕਾਣਾ ਤਾਂ ਨਰਕ ਹੈ, ਜਿਹੜੀ ਬਹੁਤ ਹੀ ਭੈੜੀ ਥਾਂ ਹੈ।

لَا تَحْسَبَنَّ الَّذِينَ كَفَرُوا مُعْجِزِينَ فِي الْأَرْضِ ۚ
وَمَأْوَاهُمُ النَّارُ ۖ وَلَبِئْسَ الْمَصِيرُ ﴿٥٧﴾

58 ਹੇ ਈਮਾਨ ਵਾਲਿਓ! ਤੁਹਾਡੇ ਆਪਣੇ ਗ਼ੁਲਾਮ, ਗੋਲੀਆਂ ਅਤੇ ਉਹਨਾਂ ਨੂੰ ਵੀ ਜਿਹੜੇ ਅਜੇ ਬਾਲਿਗ਼ ਨਹੀਂ ਹੋਏ ਤਿੰਨ ਸਮਿਆਂ ਵਿਚ, ਫ਼ਜਰ ਦੀ ਨਮਾਜ਼ ਤੋਂ ਪਹਿਲਾਂ, ਦੁਪਹਿਰ ਵੇਲੇ ਜਦੋਂ ਕਿ ਤੁਸੀਂ ਕੱਪੜੇ ਲਾਹ ਕੇ ਰੱਖ ਦਿੰਦੇ ਹੋ ਅਤੇ ਇਸ਼ਾ ਦੀ ਨਮਾਜ਼ ਮਗਰੋਂ ਆਗਿਆ ਲੈ ਕੇ ਤੁਹਾਡੇ ਕੋਲ ਆਇਆ ਕਰਨ। ਇਹ ਤਿੰਨੇ ਸਮੇਂ ਤੁਹਾਡੇ ਲਈ ਪਰਦੇ ਦੇ ਸਮੇਂ ਹਨ। ਇਹਨਾਂ ਸਮਿਆਂ ਤੋਂ ਛੁੱਟ (ਜੇ ਆਉਣ) ਤਾਂ ਨਾ ਤੁਹਾਡੇ ਲਈ ਨਾ ਉਹਨਾਂ ਲਈ ਕੋਈ ਹਰਜ ਵਾਲੀ ਗੱਲ ਹੈ। ਤੁਸੀਂ ਸਾਰੇ ਆਪਸ ਵਿਚ ਇਕ ਦੂਜੇ ਕੋਲ ਘੜੀ ਮੁੜੀ ਆਉਣ ਜਾਣ ਵਾਲੇ ਹੋ। ਇਸ ਤਰ੍ਹਾਂ ਅੱਲਾਹ ਤੁਹਾਡੇ ਲਈ ਆਪਣੇ ਆਦੇਸ਼ਾਂ ਨੂੰ ਸਪਸ਼ਟ ਕਰਦਾ ਹੈ। ਅੱਲਾਹ ਪੂਰਨ ਗਿਆਨ ਵਾਲਾ ਤੇ ਹਿਕਮਤਾਂ ਵਾਲਾ (ਬੁੱਧੀਮਾਨ) ਹੈ।

يَا أَيُّهَا الَّذِينَ آمَنُوا لِيَسْتَأْذِنكُمُ الَّذِينَ مَلَكَتْ
أَيْمَانُكُمْ وَالَّذِينَ لَمْ يَبْلُغُوا الْحُلُمَ مِنكُمْ ثَلَاثَ
مَرَّاتٍ ۚ مِّن قَبْلِ صَلَاةِ الْفَجْرِ وَحِينَ تَضَعُونَ
ثِيَابَكُم مِّنَ الظَّهِيرَةِ وَمِن بَعْدِ صَلَاةِ الْعِشَاءِ ۚ
ثَلَاثُ عَوْرَاتٍ لَّكُمْ ۚ لَيْسَ عَلَيْكُمْ وَلَا عَلَيْهِمْ جُنَاحٌ
بَعْدَهُنَّ ۚ طَوَّافُونَ عَلَيْكُم بَعْضُكُمْ عَلَىٰ بَعْضٍ ۚ
كَذَٰلِكَ يُبَيِّنُ اللَّهُ لَكُمُ الْآيَاتِ ۗ وَاللَّهُ عَلِيمٌ
حَكِيمٌ ﴿٥٨﴾

59 ਇਸੇ ਪ੍ਰਕਾਰ ਜਦੋਂ ਤੁਹਾਡੇ ਆਪਣੇ ਬੱਚੇ ਵੀ ਬਾਲਗ ਹੋ ਜਾਣ ਤਾਂ ਜਿਵੇਂ ਉਹਨਾਂ ਦੇ ਸਿਆਣੇ ਆਗਿਆ ਲੈਕੇ ਆਉਂਦੇ ਹਨ ਉਹਨਾਂ ਨੂੰ ਵੀ ਆਗਿਆ ਲੈਕੇ ਹੀ ਆਉਣਾ ਚਾਹੀਦਾ ਹੈ। ਇਸ ਤਰ੍ਹਾਂ ਅੱਲਾਹ ਆਪਣੀ ਆਇਤਾਂ (ਹੁਕਮ) ਤੁਹਾਡੇ

وَإِذَا بَلَغَ الْأَطْفَالُ مِنكُمُ الْحُلُمَ فَلْيَسْتَأْذِنُوا كَمَا
اسْتَأْذَنَ الَّذِينَ مِن قَبْلِهِمْ ۚ كَذَٰلِكَ يُبَيِّنُ اللَّهُ
لَكُمْ آيَاتِهِ ۗ وَاللَّهُ عَلِيمٌ حَكِيمٌ ﴿٥٩﴾

ਅੱਗੇ ਬਿਆਨ ਕਰਦਾ ਹੈ। ਅੱਲਾਹ ਹੀ ਜਾਣਨਹਾਰ ਤੇ ਹਿਕਮਤਾਂ ਵਾਲਾ ਹੈ।

60. ਜਿਹੜੀਆਂ ਇਸਤਰੀਆਂ ਬਿਰਧ ਹੋ ਜਾਣ, ਵਿਆਹ ਦੀ ਆਸ ਨਾ ਰੱਖਦੀਆਂ ਹੋਣ, ਜੇਕਰ ਉਹ ਆਪਣੇ (ਪੜਦੇ ਵਾਲੇ) ਕੱਪੜੇ (ਚੱਦਰਾਂ, ਬੁਰਕਾ ਆਦਿ) ਉਤਾਰ ਦੇਣ ਤਾਂ ਕੋਈ ਗੁਨਾਹ ਨਹੀਂ ਸ਼ਰਤ ਇਹ ਹੈ ਕਿ ਉਹ ਆਪਣੇ ਹਾਰ ਸ਼ਿੰਗਾਰ ਦਾ ਪ੍ਰਗਟਾਵਾ ਕਰਨ ਵਾਲੀਆਂ ਨਾ ਹੋਣ, ਜੇ ਇਹ (ਬਿਰਧ ਔਰਤਾਂ) ਇਹਨਾਂ ਗੱਲਾਂ ਤੋਂ ਬੱਚ ਕੇ ਰਹਿਣ ਤਾਂ ਉਹਨਾਂ ਲਈ ਵਧੇਰੇ ਚੰਗਾ ਹੈ। ਅੱਲਾਹ ਸਭ ਕੁੱਝ ਸੁਣਦਾ ਤੇ ਜਾਣਦਾ ਹੈ।

وَالْقَوَاعِدُ مِنَ النِّسَاءِ الّٰتِي لَا يَرْجُوْنَ نِكَاحًا
فَلَيْسَ عَلَيْهِنَّ جُنَاحٌ أَنْ يَّضَعْنَ ثِيَابَهُنَّ
غَيْرَ مُتَبَرِّجٰتٍۢ بِزِيْنَةٍ ۖ وَأَنْ يَّسْتَعْفِفْنَ
خَيْرٌ لَّهُنَّ ۗ وَاللّٰهُ سَمِيْعٌ عَلِيْمٌ ﴿٦٠﴾

61. ਨਾ ਹੀ ਕਿਸੇ ਅੰਨ੍ਹੇ ਲਈ ਜਾਂ ਲੰਗੜੇ ਲਈ ਜਾਂ ਬੀਮਾਰ ਲਈ ਅਤੇ ਨਾ ਹੀ ਤੁਹਾਡੇ ਲਈ ਕੋਈ ਹਰਜ ਦੀ ਗੱਲ ਨਹੀਂ ਕਿ ਭਾਵੇਂ ਤੁਸੀਂ ਆਪਣੇ ਘਰਾਂ ਵਿਚ ਖਾਓ ਜਾ ਆਪਣੇ ਪਿਤਾ ਦੇ ਘਰੋਂ ਜਾਂ ਆਪਣੀ ਮਾਤਾ ਦੇ ਘਰੋਂ ਜਾਂ ਆਪਣੇ ਭਰਾਵਾਂ ਦੇ ਘਰੋਂ ਜਾਂ ਭੈਣ ਦੇ ਘਰੋਂ ਜਾਂ ਚਾਚੇ ਤਾਏ ਦੇ ਘਰੋਂ ਜਾਂ ਆਪਣੀ ਭੂਆ ਜਾਂ ਮਾਮੇ ਜਾਂ ਮਾਸੀ ਦੇ ਘਰੋਂ ਜਾਂ ਉਹਨਾਂ ਘਰਾਂ ਵਿੱਚੋਂ ਜਿਨ੍ਹਾਂ ਦੀਆਂ ਕੁੰਜੀਆਂ ਤੁਹਾਡੇ ਕੋਲ ਹਨ ਜਾਂ ਆਪਣੇ ਮਿਤਰਾਂ ਦੇ ਘਰ ਖਾਓ। ਤੁਹਾਡੇ ਲਈ ਇਸ ਵਿਚ ਵੀ ਕੋਈ ਹਰਜ ਨਹੀਂ ਭਾਵੇਂ ਰਲ ਮਿਲਕੇ (ਇਕੋ ਭਾਂਡੇ ਵਿਚ) ਖਾਓ ਜਾਂ ਅੱਡ ਅੱਡ ਖਾਓ। ਜਦੋਂ ਤੁਸੀਂ ਆਪਣੇ ਘਰਾਂ ਵਿਚ ਜਾਓ ਤਾਂ ਆਪਣੇ ਘਰ ਵਾਲਿਆਂ ਨੂੰ ਸਲਾਮ ਕਰ ਲਿਆ ਕਰੋ, ਇਹ ਅੱਲਾਹ ਵੱਲੋਂ ਨਾਜ਼ਿਲ ਕੀਤੀ ਹੋਈ ਖ਼ੈਰ-ਬਰਕਤ (ਭਲਾਈ) ਦੀ ਦੁਆ ਹੈ। ਇੰਜ ਹੀ ਅੱਲਾਹ ਤੁਹਾਡੇ ਸਮਝਣ ਲਈ ਆਪਣੀਆਂ ਆਇਤਾਂ (ਆਦੇਸ਼) ਖੋਲ੍ਹ-ਖੋਲ੍ਹ ਕੇ ਬਿਆਨ ਕਰ ਰਿਹਾ ਹੈ

لَيْسَ عَلَى الْأَعْمٰى حَرَجٌ وَّلَا عَلَى الْأَعْرَجِ حَرَجٌ
وَّلَا عَلَى الْمَرِيْضِ حَرَجٌ وَّلَا عَلٰى أَنْفُسِكُمْ أَنْ
تَأْكُلُوْا مِنْۢ بُيُوْتِكُمْ أَوْ بُيُوْتِ اٰبَآئِكُمْ أَوْ بُيُوْتِ
أُمَّهٰتِكُمْ أَوْ بُيُوْتِ إِخْوَانِكُمْ أَوْ بُيُوْتِ أَخَوٰتِكُمْ
أَوْ بُيُوْتِ أَعْمَامِكُمْ أَوْ بُيُوْتِ عَمّٰتِكُمْ أَوْ بُيُوْتِ
أَخْوَالِكُمْ أَوْ بُيُوْتِ خٰلٰتِكُمْ أَوْ مَا مَلَكْتُمْ مَّفَاتِحَهٗۤ أَوْ
صَدِيْقِكُمْ ۗ لَيْسَ عَلَيْكُمْ جُنَاحٌ أَنْ تَأْكُلُوْا جَمِيْعًا
أَوْ أَشْتَاتًا ۗ فَإِذَا دَخَلْتُمْ بُيُوْتًا فَسَلِّمُوْا عَلٰى
أَنْفُسِكُمْ تَحِيَّةً مِّنْ عِنْدِ اللّٰهِ مُبٰرَكَةً طَيِّبَةً ۗ
كَذٰلِكَ يُبَيِّنُ اللّٰهُ لَكُمُ الْاٰيٰتِ لَعَلَّكُمْ تَعْقِلُوْنَ ﴿٦١﴾

إِنَّمَا الْمُؤْمِنُونَ الَّذِينَ آمَنُوا بِاللَّهِ وَرَسُولِهِ
وَإِذَا كَانُوا مَعَهُ عَلَىٰ أَمْرٍ جَامِعٍ لَّمْ يَذْهَبُوا
حَتَّىٰ يَسْتَأْذِنُوهُ ۚ إِنَّ الَّذِينَ يَسْتَأْذِنُونَكَ
أُولَٰئِكَ الَّذِينَ يُؤْمِنُونَ بِاللَّهِ وَرَسُولِهِ ۚ فَإِذَا
اسْتَأْذَنُوكَ لِبَعْضِ شَأْنِهِمْ فَأْذَن لِّمَن
شِئْتَ مِنْهُمْ وَاسْتَغْفِرْ لَهُمُ اللَّهَ ۚ إِنَّ اللَّهَ
غَفُورٌ رَّحِيمٌ ﴿٦٢﴾

62 ਈਮਾਨ ਵਾਲੇ ਲੋਕ ਤਾਂ ਉਹ ਹਨ ਜਿਹੜੇ ਅੱਲਾਹ ਅਤੇ ਉਸ ਦੇ ਰਸੂਲ 'ਤੇ ਈਮਾਨ ਲਿਆਏ ਅਤੇ ਜਦੋਂ ਉਹ ਕਿਸੇ ਸਮੂਹਿਕ ਕਾਰਜ ਵਿਚ ਰਸੂਲ (ਸ:) ਦੇ ਨਾਲ ਹੁੰਦੇ ਹਨ ਤਾਂ ਬਿਨਾਂ ਤੁਹਾਡੀ ਆਗਿਆ ਤੋਂ ਉਠਿਓ ਨਹੀਂ ਜਾਂਦੇ। (ਹੇ ਨਬੀ!) ਜਿਹੜੇ ਲੋਕ ਤੁਹਾਥੋਂ ਇਜਾਜ਼ਤ ਮੰਗਦੇ ਹਨ ਇਹੋ ਉਹ ਲੋਕ ਹਨ ਜਿਹੜੇ ਅੱਲਾਹ ਅਤੇ ਰਸੂਲ ਉੱਤੇ ਈਮਾਨ ਲਿਆ ਚੁੱਕੇ ਹਨ। ਸੋ ਜਦੋਂ ਉਹ (ਈਮਾਨ ਵਾਲੇ) ਤੁਹਾਥੋਂ ਕਿਸੇ ਕੰਮ ਲਈ ਆਗਿਆ ਮੰਗਣ ਤਾਂ ਤੁਸੀਂ ਉਹਨਾਂ ਵਿਚੋਂ ਜਿਸ ਨੂੰ ਚਾਹੋ ਆਗਿਆ ਦੇ ਦਿਓ ਅਤੇ ਉਹਨਾਂ ਲਈ ਅੱਲਾਹ ਤੋਂ ਬਖ਼ਸ਼ਿਸ਼ ਦੀਆਂ ਦੁਆ ਮੰਗਿਆ ਕਰੋ। ਬੇਸ਼ੱਕ ਅੱਲਾਹ ਬਖ਼ਸ਼ਣਹਾਰ ਹੈ ਤੇ ਮਿਹਰਬਾਨ ਹੈ।

لَّا تَجْعَلُوا دُعَاءَ الرَّسُولِ بَيْنَكُمْ كَدُعَاءِ بَعْضِكُم
بَعْضًا ۚ قَدْ يَعْلَمُ اللَّهُ الَّذِينَ يَتَسَلَّلُونَ مِنكُمْ
لِوَاذًا ۚ فَلْيَحْذَرِ الَّذِينَ يُخَالِفُونَ عَنْ أَمْرِهِ أَن
تُصِيبَهُمْ فِتْنَةٌ أَوْ يُصِيبَهُمْ عَذَابٌ أَلِيمٌ ﴿٦٣﴾

63. (ਹੇ ਮੁਸਲਮਾਨੋ!) ਤੁਸੀਂ ਰਸੂਲ ਸ: ਦੇ ਬੁਲਾਵੇ ਨੂੰ ਆਪੋ ਵਿਚ ਇਕ ਦੂਜੇ ਦੇ ਬੁਲਾਵੇ ਵਾਂਗ ਨਾ ਸਮਝ ਬੈਠੋ। ਅੱਲਾਹ ਉਹਨਾਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ ਜਿਹੜੇ ਤੁਹਾਡੇ ਵਿੱਚੋਂ ਅੱਖ ਬਚਾ ਕੇ ਖਿਸਕ ਜਾਂਦੇ ਹਨ। ਸੋ ਜਿਹੜੇ ਲੋਕੀ ਰਸੂਲ ਦੇ ਹੁਕਮਾਂ ਦੀ ਉਲੰਘਣਾ ਕਰਦੇ ਹਨ, ਉਹਨਾਂ ਨੂੰ ਡਰਨਾ ਚਾਹੀਦਾ ਹੈ ਕਿ ਉਹ ਕਿਸੇ ਅਜ਼ਮਾਇਸ਼ ਵਿਚ ਨਾ ਫਸ ਜਾਣ ਜਾਂ ਉਹਨਾਂ ਉੱਤੇ ਕੋਈ ਦਰਦਨਾਕ ਅਜ਼ਾਬ ਨਾ ਆ ਜਾਵੇ।

أَلَا إِنَّ لِلَّهِ مَا فِي السَّمَاوَاتِ وَالْأَرْضِ ۖ قَدْ يَعْلَمُ
مَا أَنتُمْ عَلَيْهِ وَيَوْمَ يُرْجَعُونَ إِلَيْهِ فَيُنَبِّئُهُم
بِمَا عَمِلُوا ۗ وَاللَّهُ بِكُلِّ شَيْءٍ عَلِيمٌ ﴿٦٤﴾

64 ਖ਼ਬਰਦਾਰ! ਅਕਾਸ਼ ਤੇ ਧਰਤੀ ਵਿਚ ਜੋ ਵੀ ਹੈ ਉਹ ਸਭ ਅੱਲਾਹ ਦਾ ਹੈ। ਜਿਸ ਰਾਹ 'ਤੇ ਤੁਸੀਂ ਚੱਲ ਰਹੇ ਹੋ ਉਹ ਉਸ ਨੂੰ ਚੰਗੀ ਤਰ੍ਹਾਂ ਜਾਣਦਾ ਹੈ। ਜਿਸ ਦਿਨ ਉਹ ਉਸ ਵੱਲ ਪਰਤਾਏ ਜਾਣਗੇ ਉਸ ਦਿਨ ਉਹ (ਅੱਲਾਹ) ਉਹਨਾਂ ਦੇ ਕੀਤੇ ਕੰਮਾਂ ਬਾਰੇ ਦੱਸੇਗਾ। ਅੱਲਾਹ ਹਰ ਚੀਜ਼ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

25. ਸੂਰਤ ਅਲ-ਫ਼ੁਰਕਾਨ (ਮੱਕੀ- 42)

(ਆਇਤਾਂ 77, ਰੁਕੂਅ 6)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

1. ਉਹ ਜ਼ਾਤ ਬਹੁਤ ਹੀ ਬਰਕਤਾਂ ਵਾਲੀ ਹੈ ਜਿਸ ਨੇ ਆਪਣੇ ਬੰਦੇ (ਮੁਹੰਮਦ) 'ਤੇ ਫ਼ੁਰਕਾਨ (ਕ਼ੁਰਆਨ) ਉਤਾਰਿਆ ਤਾਂ ਜੋ ਉਹ ਸਾਰੇ ਲੋਕਾਂ ਨੂੰ (ਕਿਆਮਤ ਦੇ ਅਜ਼ਾਬ ਤੋਂ) ਡਰਾਉਣ ਵਾਲਾ ਬਣੇ।

2. ਅਕਾਸ਼ਾਂ ਤੇ ਧਰਤੀ ਦੀ ਪਾਤਸ਼ਾਹੀ ਉਸੇ (ਅੱਲਾਹ) ਦੀ ਹੈ। ਨਾ ਹੀ ਉਹ (ਅੱਲਾਹ) ਆਪਣੇ ਲਈ ਕੋਈ ਪੁੱਤਰ ਰੱਖਦਾ ਹੈ ਅਤੇ ਨਾ ਹੀ ਪਾਤਸ਼ਾਹੀ ਵਿਚ ਉਸ ਦਾ ਕੋਈ ਭਾਈਵਾਲ ਹੈ। ਉਸ ਨੇ ਹਰੇਕ ਚੀਜ਼ ਨੂੰ ਪੈਦਾ ਕੀਤਾ ਤੇ ਫੇਰ ਇਕ ਨਿਯਤ ਸਮੇਂ ਲਈ ਉਹਨਾਂ ਦੀ ਤਕਦੀਰ ਬਣਾਈ।

3. ਉਹਨਾਂ (ਮੁਸ਼ਰਿਕਾਂ) ਨੇ ਅੱਲਾਹ ਨੂੰ ਛੱਡ ਹੋਰ ਜਿਹੜੇ ਇਸ਼ਟ ਬਣਾ ਰੱਖੇ ਹਨ ਉਹ (ਕਿਸੇ ਵੀ ਚੀਜ਼ ਦੀ ਸਿਰਜਣਾ) ਨਹੀਂ ਕਰ ਸਕਦੇ ਸਗੋਂ ਉਹ ਤਾਂ ਆਪ ਸਾਜੇ ਗਏ ਹਨ। ਇਹ ਤਾਂ ਆਪ ਆਪਣੇ ਲਈ ਕਿਸੇ ਨਫ਼ਾ-ਨੁਕਸਾਨ ਕਰਨ ਦਾ ਅਧਿਕਾਰ ਨਹੀਂ ਰੱਖਦੇ ਅਤੇ ਨਾ ਹੀ ਜੀਵਨ ਤੇ ਮੌਤ ਦਾ, ਅਤੇ ਨਾ ਹੀ ਮੁੜ ਜੀ ਉੱਠਣਾ ਉਹਨਾਂ ਦੇ ਵੱਸ ਵਿਚ ਹੈ।

4 ਅਤੇ ਕਾਫ਼ਿਰ ਨੇ ਕਿਹਾ ਕਿ ਇਹ (ਕ਼ੁਰਆਨ) ਤਾਂ ਨਿਰਾ ਝੂਠ ਹੈ ਜਿਸ ਨੂੰ ਇਸ (ਮੁਹੰਮਦ) ਨੇ ਆਪ ਹੀ ਘੜ ਲਿਆ ਹੈ ਜਿਸ ਦੇ (ਘੜਨ) ਵਿਚ ਹੋਰਾਂ ਨੇ ਵੀ ਇਸ ਦੀ ਮਦਦ ਕੀਤੀ ਹੈ। ਹੇ ਨਬੀ! (ਇਹ ਕਹਿ ਕੇ) ਉਹਨਾਂ ਨੇ ਬਹੁਤ ਹੀ ਵੱਡੇ ਜ਼ੁਲਮ ਅਤੇ ਝੂਠ ਦਾ ਅਪਰਾਧ ਕੀਤਾ ਹੈ।

سُوْرَةُ الْفُرْقَانِ

بِسْمِ اللّٰهِ الرَّحْمٰنِ الرَّحِيْمِ

تَبٰرَكَ الَّذِيْ نَزَّلَ الْفُرْقَانَ عَلٰى عَبْدِهٖ
لِيَكُوْنَ لِلْعٰلَمِيْنَ نَذِيْرًا ۙ﴿۱﴾

الَّذِيْ لَهٗ مُلْكُ السَّمٰوٰتِ وَالْاَرْضِ وَلَمْ يَتَّخِذْ
وَلَدًا وَّلَمْ يَكُنْ لَّهٗ شَرِيْكٌ فِي الْمُلْكِ وَخَلَقَ
كُلَّ شَيْءٍ فَقَدَّرَهٗ تَقْدِيْرًا ﴿۲﴾

وَاتَّخَذُوْا مِنْ دُوْنِهٖۤ اٰلِهَةً لَّا يَخْلُقُوْنَ شَيْـًٔا
وَّهُمْ يُخْلَقُوْنَ وَلَا يَمْلِكُوْنَ لِاَنْفُسِهِمْ ضَرًّا
وَّلَا نَفْعًا وَّلَا يَمْلِكُوْنَ مَوْتًا وَّلَا حَيٰوةً
وَّلَا نُشُوْرًا ﴿۳﴾

وَقَالَ الَّذِيْنَ كَفَرُوْۤا اِنْ هٰذَاۤ اِلَّاۤ اِفْكُ
اِفْتَرٰىهُ وَاَعَانَهٗ عَلَيْهِ قَوْمٌ اٰخَرُوْنَ ۚ

فَقَدْ جَآءُوْ ظُلْمًا وَّزُوْرًا ۚ﴿۴﴾

5 (ਉਹਨਾਂ ਨੇ) ਇਹ ਵੀ ਕਿਹਾ ਕਿ ਇਹ ਤਾਂ ਪਿਛਲੇ ਲੋਕਾਂ ਦੇ ਕਿੱਸੇ ਹਨ, ਜਿਨ੍ਹਾਂ ਨੂੰ ਉਸ ਨੇ ਆਪਣੇ ਲਈ ਲਿਖਵਾਏ ਹਨ, ਬਸ ਉਹੀਓ ਸਵੇਰੇ ਸ਼ਾਮ ਉਸ ਦੇ ਸਾਹਮਣੇ ਪੜ੍ਹੇ ਜਾਂਦੇ ਹਨ।

وَقَالُوٓا أَسَاطِيرُ الْأَوَّلِينَ اكْتَتَبَهَا فَهِيَ
تُمْلَىٰ عَلَيْهِ بُكْرَةً وَأَصِيلًا ٥

6 (ਹੇ ਨਬੀ!) ਆਖ ਦਿਓ ਕਿ ਇਸ (ਕੁਰਆਨ) ਨੂੰ ਤਾਂ ਉਸ ਨੇ ਉਤਾਰਿਆ ਹੈ ਜਿਹੜਾ ਅਕਾਸ਼ ਤੇ ਧਰਤੀ ਦੀਆਂ ਗੁਪਤ ਗੱਲਾਂ ਨੂੰ ਜਾਣਦਾ ਹੈ। ਬੇਸ਼ੱਕ ਉਹ ਵੱਡਾ ਬਖ਼ਸ਼ਣਹਾਰ ਤੇ ਰਹਿਮ ਫ਼ਰਮਾਉਣ ਵਾਲਾ ਹੈ।

قُلْ أَنزَلَهُ الَّذِي يَعْلَمُ السِّرَّ فِي السَّمَٰوَٰتِ
وَالْأَرْضِ ۚ إِنَّهُ كَانَ غَفُورًا رَّحِيمًا ٦

7 ਉਹਨਾਂ (ਕਾਫ਼ਿਰਾਂ) ਨੇ ਕਿਹਾ ਕਿ ਇਹ ਕਿਹੋ ਜਿਹਾ ਰਸੂਲ ਹੈ ਜਿਹੜਾ ਭੋਜਨ ਵੀ ਕਰਦਾ ਹੈ ਅਤੇ ਬਜ਼ਾਰਾਂ ਵਿਚ ਤੁਰਦਾ ਫਿਰਦਾ ਵੀ ਹੈ? ਇਸ ਦੇ ਸੰਗ ਕੋਈ ਫ਼ਰਿਸ਼ਤਾ ਕਿਉਂ ਨਹੀਂ ਭੇਜਿਆ ਗਿਆ ਕਿ ਉਹ ਵੀ ਇਸ ਦਾ ਸਾਥੀ ਬਣ ਕੇ (ਇਨਕਾਰੀਆਂ ਅਤੇ ਸਰਕਸ਼ਾਂ ਨੂੰ) ਡਰਾਉਂਦਾ।

وَقَالُوا مَالِ هَٰذَا الرَّسُولِ يَأْكُلُ الطَّعَامَ
وَيَمْشِي فِي الْأَسْوَاقِ ۙ لَوْلَآ أُنزِلَ إِلَيْهِ
مَلَكٌ فَيَكُونَ مَعَهُ نَذِيرًا ٧

8 ਜਾਂ ਇਸ ਲਈ ਕੋਈ ਖ਼ਜ਼ਾਨਾ ਹੀ ਉਤਾਰਿਆ ਹੁੰਦਾ ਜਾਂ ਇਸ ਦਾ ਕੋਈ ਬਾਗ਼ ਹੀ ਹੁੰਦਾ ਜਿਸ ਵਿੱਚੋਂ ਇਹ (ਫਲ) ਖਾਂਦਾ। ਉਹਨਾਂ ਜ਼ਾਲਮਾਂ ਨੇ (ਈਮਾਨ ਲਿਆਉਣ ਵਾਲਿਆਂ ਨੂੰ ਕਿਹਾ) ਕਿ ਤੁਸੀਂ ਅਜਿਹੇ ਆਦਮੀ ਦੇ ਪਿੱਛੇ ਲੱਗ ਤੁਰੇ ਹੋ ਜਿਸ 'ਤੇ ਜਾਦੂ ਕੀਤਾ ਹੋਇਆ ਹੈ।

أَوْ يُلْقَىٰٓ إِلَيْهِ كَنزٌ أَوْ تَكُونُ لَهُ جَنَّةٌ يَأْكُلُ
مِنْهَا ۚ وَقَالَ الظَّٰلِمُونَ إِن تَتَّبِعُونَ إِلَّا رَجُلًا
مَّسْحُورًا ٨

9 (ਹੇ ਮੁਹੰਮਦ ਸ:!) ਵੇਖੋ ਤਾਂ ਸਹਿ ਕਿ ਇਹ (ਕਾਫ਼ਿਰ) ਲੋਕ ਤੁਹਾਡੇ ਪ੍ਰਤੀ ਕਿਹੋ ਜਹੀਆਂ ਗੱਲਾਂ ਬਣਾ ਰਹੇ ਹਨ। ਉਹ ਕੁਰਾਹੇ ਪਏ ਹੋਏ ਹੇ, ਹੁਣ ਉਹ ਕਿਸੇ ਤਰ੍ਹਾਂ ਵੀ ਸਿੱਧੇ ਰਾਹ ਨਹੀਂ ਆ ਸਕਦੇ।

انظُرْ كَيْفَ ضَرَبُوا لَكَ الْأَمْثَالَ فَضَلُّوا فَلَا
يَسْتَطِيعُونَ سَبِيلًا ٩

10 ਉਹ (ਅੱਲਾਹ) ਦੀ ਜ਼ਾਤ ਵੱਡੀਆਂ ਬਰਕਤਾਂ ਵਾਲੀ ਹੈ। ਜੇ ਉਹ ਚਾਹਵੇ ਤਾਂ ਤੁਹਾਡੇ ਲਈ ਇਹਨਾਂ ਤੋਂ ਵਧੀਆ ਚੀਜ਼ਾਂ ਬਣਾ ਦੇਵੇ ਭਾਵ ਅਜਿਹੇ ਬਾਗ਼ ਬਣਾ ਦੇਵੇ ਜਿਨ੍ਹਾਂ ਦੇ ਹੇਠ ਨਹਿਰਾਂ ਵਗ ਰਹੀਆਂ ਹੋਣ ਅਤੇ ਤੁਹਾਨੂੰ ਕਈ ਮਹਿਲ ਵੀ ਦੇ ਦੇਵੇ।

تَبَارَكَ الَّذِيٓ إِن شَآءَ جَعَلَ لَكَ خَيْرًا مِّن
ذَٰلِكَ جَنَّٰتٍ تَجْرِي مِن تَحْتِهَا الْأَنْهَٰرُ
وَيَجْعَل لَّكَ قُصُورًا ١٠

44

بَلْ كَذَّبُوا بِالسَّاعَةِ وَأَعْتَدْنَا لِمَن كَذَّبَ بِالسَّاعَةِ سَعِيرًا ﴿١١﴾

11 ਪਰ ਉਹਨਾਂ ਨੇ ਕਿਆਮਤ ਨੂੰ ਝੁਠਲਾਇਆ ਹੈ ਅਤੇ ਅਸੀਂ ਉਸ ਵਿਅਕਤੀ ਲਈ, ਜਿਹੜਾ ਕਿਆਮਤ ਨੂੰ ਝੁਠਲਾਏ, ਭੜਕਦੀ ਹੋਈ ਅੱਗ ਤਿਆਰ ਕੀਤੀ ਹੋਈ ਹੈ।

إِذَا رَأَتْهُم مِّن مَّكَانٍ بَعِيدٍ سَمِعُوا لَهَا تَغَيُّظًا وَزَفِيرًا ﴿١٢﴾

12. ਜਦੋਂ ਉਹ (ਨਰਕ ਦੀ ਅੱਗ) ਉਹਨਾਂ (ਇਨਕਾਰੀਆਂ) ਨੂੰ ਦੂਰ ਤੋਂ ਵੇਖੇਗੀ ਤਾਂ ਇਹ ਲੋਕੀ ਉਸ (ਅੱਗ) ਦੀਆਂ ਗੁੱਸੇ ਭਰੀਆਂ ਤੇ ਜੋਸ਼ ਮਾਰਦੀਆਂ ਆਵਾਜ਼ਾਂ ਸੁਣ ਲੈਣਗੇ।

وَإِذَا أُلْقُوا مِنْهَا مَكَانًا ضَيِّقًا مُّقَرَّنِينَ دَعَوْا هُنَالِكَ ثُبُورًا ﴿١٣﴾

13 ਜਦੋਂ ਉਹ ਜੰਜੀਰਾਂ ਨਾਲ ਕਸੇ ਹੋਏ ਉਸ (ਨਰਕ) ਦੀ ਕਿਸੇ ਭੀੜੀ ਥਾਂ ਵਿਚ ਸੁੱਟੇ ਜਾਣਗੇ ਤਾਂ ਉੱਥੇ ਆਪਣੀ ਮੌਤ ਨੂੰ ਹੀ ਹਾਕਾਂ ਮਾਰਣਗੇ।

لَّا تَدْعُوا الْيَوْمَ ثُبُورًا وَاحِدًا وَادْعُوا ثُبُورًا كَثِيرًا ﴿١٤﴾

14 (ਉਹਨਾਂ ਕਾਫ਼ਿਰਾਂ ਨੂੰ ਕਿਹਾ ਜਾਵੇਗਾ) ਕਿ ਅੱਜ ਇਕ ਮੌਤ ਨਾ ਬੁਲਾਓ ਸਗੋਂ ਕਈ ਸਾਰੀਆਂ ਮੌਤਾਂ ਨੂੰ ਪੁਕਾਰੋ।

قُلْ أَذَٰلِكَ خَيْرٌ أَمْ جَنَّةُ الْخُلْدِ الَّتِي وُعِدَ الْمُتَّقُونَ كَانَتْ لَهُمْ جَزَاءً وَمَصِيرًا ﴿١٥﴾

15 (ਹੇ ਨਬੀ!) ਤੁਸੀਂ (ਉਹਨਾਂ ਕਾਫ਼ਿਰਾਂ ਤੋਂ) ਪੁੱਛੋ ਕਿ ਕੀ ਇਹ (ਨਰਕ) ਵਧੀਆ ਹੈ ਜਾਂ ਉਹ ਸਦਾ ਰਹਿਣ ਵਾਲੀ ਜੰਨਤ ਜਿਸ ਦਾ ਵਾਅਦਾ ਪਰਹੇਜ਼ਗਾਰਾਂ (ਨੇਕ ਲੋਕਾਂ) ਨੂੰ ਦਿੱਤਾ ਗਿਆ ਹੈ? ਉਹ ਉਹਨਾਂ ਦੇ ਨੇਕ ਕੰਮਾਂ ਦਾ ਬਦਲਾ ਹੋਵੇਗਾ ਅਤੇ ਉਹਨਾਂ ਦੇ ਰਹਿਣ ਦਾ ਅਸਲੀ ਟਿਕਾਣਾ ਹੈ।

لَّهُمْ فِيهَا مَا يَشَاءُونَ خَالِدِينَ كَانَ عَلَىٰ رَبِّكَ وَعْدًا مَّسْئُولًا ﴿١٦﴾

16. ਇਸ (ਜੰਨਤ ਵਿਚ) ਉਹਨਾਂ ਲਈ ਉਹੀਓ ਹੋਵੇਗਾ ਜਿਸ ਦੀ ਇਹ (ਨੇਕ ਲੋਕ) ਇੱਛਾ ਕਰਨਗੇ। ਉੱਥੇ ਉਹ ਸਦਾ ਰਹਿਣਗੇ। ਇਹ ਤੁਹਾਡੇ ਰੱਬ ਜ਼ਿੰਮੇ ਉਹ ਵਾਅਦਾ ਹੈ ਜਿਹੜਾ ਪੂਰਾ ਹੋਕੇ ਰਹਿਣਾ ਹੈ।

وَيَوْمَ يَحْشُرُهُمْ وَمَا يَعْبُدُونَ مِن دُونِ اللَّهِ فَيَقُولُ أَأَنتُمْ أَضْلَلْتُمْ عِبَادِي هَٰؤُلَاءِ أَمْ هُمْ ضَلُّوا السَّبِيلَ ﴿١٧﴾

17 ਜਿਸ ਦਿਨ ਅੱਲਾਹ ਉਹਨਾਂ (ਮੁਸ਼ਰਿਕਾਂ) ਨੂੰ ਅਤੇ ਉਹਨਾਂ ਇਸ਼ਟਾਂ ਨੂੰ, ਜਿਨ੍ਹਾਂ ਨੂੰ ਉਹ ਅੱਲਾਹ ਨੂੰ ਛੱਡ ਕੇ ਪੂਜਦੇ ਸੀ ਉਹਨਾਂ ਸਭ ਨੂੰ ਇਕੱਠਾ ਕਰੇਗਾ ਅਤੇ (ਇਹਨਾਂ ਤੋਂ) ਪੁੱਛੇਗਾ, ਕੀ ਮੇਰੇ ਇਨ੍ਹਾਂ ਬੰਦਿਆਂ ਨੂੰ ਤੁਸੀਂ ਕੁਰਾਹੇ ਪਾਇਆ ਸੀ ਜਾਂ ਇਹ ਆਪ ਹੀ ਕੁਰਾਹੇ ਪੈ ਗਏ ਸੀ?

18. ਉਹ (ਇਸ਼ਟ) ਉੱਤਰ ਦੇਣਗੇ ਕਿ ਤੇਰੀ ਜ਼ਾਤ ਪਾਕ ਹੈ, ਸਾਡੀ ਇਹ ਮਜਾਲ ਨਹੀਂ ਸੀ ਕਿ ਅਸੀਂ ਤੇਰੇ ਛੁੱਟ ਹੋਰਾਂ ਨੂੰ ਆਪਣਾ (ਕਾਰਜ ਸਾਧਕ) ਬਣਾਉਂਦੇ। ਅਸਲ ਗੱਲ ਇਹ ਹੈ ਕਿ ਤੂੰ ਉਹਨਾਂ ਨੂੰ ਅਤੇ ਉਹਨਾਂ ਦੇ ਪਿਓ ਦਾਦਿਆਂ ਨੂੰ ਹਰ ਪ੍ਰਕਾਰ ਦੀ ਜੀਵਨ ਸਮੱਗਰੀ ਬਖ਼ਸ਼ੀ, ਪਰ ਉਹ ਤੇਰੀਆਂ ਨਸੀਹਤਾਂ ਨੂੰ ਭੁਲਾ ਬੈਠੇ, ਫੇਰ ਤਾਂ ਉਹਨਾਂ ਲੋਕਾਂ ਨੇ ਬਰਬਾਦ ਹੋਣਾ ਹੀ ਸੀ।

قَالُوا سُبْحَانَكَ مَا كَانَ يَنْبَغِي لَنَا أَنْ نَتَّخِذَ
مِنْ دُونِكَ مِنْ أَوْلِيَاءَ وَلَٰكِنْ مَتَّعْتَهُمْ
وَآبَاءَهُمْ حَتَّىٰ نَسُوا الذِّكْرَ وَكَانُوا
قَوْمًا بُورًا ﴿١٨﴾

19. (ਅੱਲਾਹ ਕਾਫ਼ਿਰਾਂ ਨੂੰ ਆਖੇਗਾ ਕਿ) ਉਹਨਾਂ (ਇਸ਼ਟਾਂ) ਨੇ ਤਾਂ ਤੁਹਾਡੀਆਂ ਸਾਰੀਆਂ ਗੱਲਾਂ ਦੀ ਨਿਖੇਧੀ ਕੀਤੀ ਹੈ। ਹੁਣ ਨਾ ਤਾਂ ਤੁਸੀਂ ਅਜ਼ਾਬ ਨੂੰ ਟਾਲ ਸਕਦੇ ਹੋ ਅਤੇ ਨਾ ਹੀ (ਕਿਸੇ ਤੋਂ) ਕੋਈ ਮਦਦ ਲੈ ਸਕਦੇ ਹੋ। ਤੁਹਾਡੇ (ਕਾਫ਼ਿਰਾਂ) ਵਿੱਚੋਂ ਜਿਹੜਾ ਵੀ ਜ਼ੁਲਮ (ਸ਼ਿਰਕ) ਕਰੇਗਾ ਹੈ ਅਸੀਂ ਉਸ ਨੂੰ ਕਰੜਾ ਅਜ਼ਾਬ ਦੇਵਾਂਗੇ।[1]

فَقَدْ كَذَّبُوكُمْ بِمَا تَقُولُونَ فَمَا تَسْتَطِيعُونَ
صَرْفًا وَلَا نَصْرًا ۚ وَمَنْ يَظْلِمْ مِنْكُمْ نُذِقْهُ
عَذَابًا كَبِيرًا ﴿١٩﴾

20. (ਹੇ ਨਬੀ!) ਅਸੀਂ ਤੁਹਾਥੋਂ ਪਹਿਲਾਂ ਜਿੰਨੇ ਵੀ ਪੈਗ਼ੰਬਰ ਭੇਜੇ ਸਨ, ਉਹ ਵੀ ਸਾਰੇ ਦੇ ਸਾਰੇ ਭੋਜਨ ਕਰਦੇ ਸਨ ਅਤੇ ਬਜ਼ਾਰਾਂ ਵਿਚ ਤੁਰਦੇ ਫਿਰਦੇ ਸਨ ਅਤੇ ਅਸੀਂ ਤੁਹਾਨੂੰ ਇਕ ਦੂਜੇ ਲਈ ਪਰਖਣ ਦਾ ਸਾਧਨ ਬਣਾਇਆ ਹੈ। ਕੀ ਤੁਸੀਂ (ਉਹਨਾਂ ਕਾਫ਼ਿਰਾਂ ਦੀਆਂ ਕਰਤੂਤਾਂ 'ਤੇ) ਧੀਰਜ ਤੋਂ ਕੰਮ ਲਵੋਗੇ? (ਹੇ ਨਬੀ! ਤੇਰਾ ਰੱਬ ਸਭ ਕੁੱਝ ਵੇਖਦਾ ਹੈ)।

وَمَا أَرْسَلْنَا قَبْلَكَ مِنَ الْمُرْسَلِينَ إِلَّا
إِنَّهُمْ لَيَأْكُلُونَ الطَّعَامَ وَيَمْشُونَ فِي الْأَسْوَاقِ ۗ
وَجَعَلْنَا بَعْضَكُمْ لِبَعْضٍ فِتْنَةً أَتَصْبِرُونَ ۗ
وَكَانَ رَبُّكَ بَصِيرًا ﴿٢٠﴾

---

1 ਇਸ ਆਇਤ ਤੋਂ ਪਤਾ ਲੱਗਦਾ ਹੈ ਕਿ ਇਕ ਅੱਲਾਹ ਤੋਂ ਛੁੱਟ ਹੋਰ ਕਿਸੇ ਦੀ ਇਬਾਦਤ ਜਾਇਜ਼ ਨਹੀਂ, ਜਿਹੜੇ ਕਿਸੇ ਹੋਰ ਦੀ ਇਬਾਦਤ ਕਰੇਗਾ ਤਾਂ ਉਹ ਅੱਲਾਹ ਦੇ ਅਜ਼ਾਬ ਦਾ ਹੱਕਦਾਰ ਹੋਵੇਗਾ ਨਹੀਂ ਤਾਂ ਅੱਲਾਹ ਇੰਨਾ ਮਿਹਰਬਾਨ ਹੈ ਕਿ ਉਹ ਆਪਣੇ ਬੰਦਿਆਂ ਨੂੰ ਅਜ਼ਾਬ ਦੇਣਾ ਪਸੰਦ ਹੀ ਨਹੀਂ ਕਰਦਾ। ਇਕ ਹਦੀਸ ਵਿਚ ਹੈ ਕਿ ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ "ਹੇ ਮੁਆਜ਼! ਕੀ ਤੂੰ ਜਾਣਦਾ ਹੈ ਕਿ ਅੱਲਾਹ ਦਾ ਬੰਦਿਆਂ ਉੱਤੇ ਕੀ ਹੱਕ ਹੈ? ਮੁਆਜ਼ ਨੇ ਕਿਹਾ ਕਿ ਅੱਲਾਹ ਅਤੇ ਉਸ ਦਾ ਰਸੂਲ ਵੱਧ ਜਾਣਦਾ ਹੈ" ਆਪ (ਸ:) ਨੇ ਫ਼ਰਮਾਇਆ ਕਿ ਉਹ ਹੱਕ ਇਹ ਹੈ ਕਿ ਉਹ ਉਸ ਦੀ ਇਬਾਦਤ ਕਰਨ ਅਤੇ ਉਸ ਦੇ ਨਾਲ ਕਿਸੇ ਹੋਰ ਨੂੰ ਸ਼ਰੀਕ ਨਾ ਬਣਾਉਣ। ਫੇਰ ਆਪ (ਸ:) ਨੇ ਫ਼ਰਮਾਇਆ ਕੀ ਤੂੰ ਜਾਣਦਾ ਹੈ ਕਿ ਬੰਦਿਆਂ ਦਾ ਅੱਲਾਹ ਉੱਤੇ ਕੀ ਹੱਕ ਹੈ? ਹਜ਼ਰਤ ਮੁਆਜ਼ ਰ:ਅ: ਨੇ ਬੇਨਤੀ ਕੀਤੀ ਕਿ ਅੱਲਾਹ ਅਤੇ ਉਸ ਦਾ ਰਸੂਲ ਹੀ ਵੱਧ ਜਾਣਦੇ ਹਨ "ਨਬੀ ਕਰੀਮ (ਸ:) ਨੇ ਫ਼ਰਮਾਇਆ, ਉਹ ਇਹ ਹੈ ਕਿ ਉਹਨਾਂ ਬੰਦਿਆਂ ਨੂੰ ਅਜ਼ਾਬ ਨਾ ਦੇਵੇ। (ਸਹੀ ਬੁਖ਼ਾਰੀ, ਹਦੀਸ: 7373)

وَقَالَ الَّذِينَ لَا يَرْجُونَ لِقَاءَنَا لَوْلَا أُنزِلَ عَلَيْنَا الْمَلَائِكَةُ أَوْ نَرَىٰ رَبَّنَا ۗ لَقَدِ اسْتَكْبَرُوا فِي أَنفُسِهِمْ وَعَتَوْ عُتُوًّا كَبِيرًا (21)

21. ਜਿਹੜੇ ਲੋਕ ਸਾਡੇ ਨਾਲ (ਭਾਵ ਰੱਬ ਨਾਲ) ਮਿਲਣ ਦੀ ਆਸ ਨਹੀਂ ਰੱਖਦੇ ਉਹ ਆਖਦੇ ਹਨ ਕਿ ਸਾਡੇ ਲਈ ਫ਼ਰਿਸ਼ਤੇ ਕਿਉਂ ਨਹੀਂ ਉਤਾਰੇ ਜਾਂ ਅਸੀਂ ਆਪਣੇ ਰੱਬ ਨੂੰ (ਅੱਖੀਂ) ਵੇਖ ਲੈਂਦੇ (ਫੇਰ ਈਮਾਨ ਲੈ ਆਉਂਦੇ)। ਉਹਨਾਂ ਲੋਕਾਂ ਨੇ ਆਪਣੇ ਆਪ ਨੂੰ ਬਹੁਤ ਵੱਡਾ ਸਮਝ ਰੱਖਿਆ ਹੈ ਅਤੇ ਇਸੇ ਕਾਰਨ ਉਹ ਸਰਕਸ਼ੀ ਵੀ ਕਰਦੇ ਹਨ।

يَوْمَ يَرَوْنَ الْمَلَائِكَةَ لَا بُشْرَىٰ يَوْمَئِذٍ لِّلْمُجْرِمِينَ وَيَقُولُونَ حِجْرًا مَّحْجُورًا (22)

22. ਜਿਸ ਦਿਨ ਇਹ ਲੋਕ ਫ਼ਰਿਸ਼ਤਿਆਂ ਨੂੰ ਵੇਖ ਲੈਣਗੇ ਉਸ ਦਿਨ ਉਹਨਾਂ ਪਾਪੀਆਂ ਲਈ ਕੋਈ ਖ਼ੁਸ਼ੀ ਵਾਲੀ ਗੱਲ ਨਹੀਂ ਹੋਵੇਗੀ। ਅਤੇ ਉਹ (ਫ਼ਰਿਸ਼ਤੇ) ਆਖਣਗੇ ਕਿ ਤੁਹਾਡੇ ਲਈ ਜੰਨਤ ਹਰਾਮ ਕਰ ਦਿੱਤੀ ਗਈ ਹੈ।

وَقَدِمْنَا إِلَىٰ مَا عَمِلُوا مِنْ عَمَلٍ فَجَعَلْنَاهُ هَبَاءً مَّنثُورًا (23)

23 ਅਤੇ ਉਹਨਾਂ (ਪਾਪੀਆਂ) ਨੇ ਜਿਹੜੇ ਵੀ (ਵੇਖਣ ਵਿਚ ਨੇਕ) ਅਮਲ ਕੀਤੇ ਹੋਣਗੇ ਜਦੋਂ ਅਸੀਂ ਉਹਨਾਂ ਵੱਲ ਧਿਆਨ ਦਿਆਂਗੇ ਤਾਂ ਉਹਨਾਂ ਨੂੰ ਧੂੜ ਵਾਂਗ ਉਡਾ ਦਿਆਂਗੇ।

أَصْحَابُ الْجَنَّةِ يَوْمَئِذٍ خَيْرٌ مُّسْتَقَرًّا وَأَحْسَنُ مَقِيلًا (24)

24. ਉਸ (ਕਿਆਮਤ) ਦਿਹਾੜੇ ਜੰਨਤੀਆਂ ਲਈ ਠਹਿਰਨ ਦੀ ਵਧੀਆ ਥਾਂ ਹੋਵੇਗੀ ਅਤੇ ਵਧੀਆ ਆਰਾਮਗਾਹ ਵਿਚ ਹੋਣਗੇ।

وَيَوْمَ تَشَقَّقُ السَّمَاءُ بِالْغَمَامِ وَنُزِّلَ الْمَلَائِكَةُ تَنزِيلًا (25)

25 ਜਿਸ ਦਿਨ ਅਕਾਸ਼ ਬੱਦਲਾਂ ਸਮੇਤ ਫੱਟ ਜਾਵੇਗਾ ਅਤੇ ਫ਼ਰਿਸ਼ਤਿਆਂ ਦੀਆਂ ਡਾਰਾਂ ਦੀਆਂ ਡਾਰਾਂ (ਧਰਤੀ 'ਤੇ) ਉਤਾਰੀਆਂ ਜਾਣਗੀਆਂ।

الْمُلْكُ يَوْمَئِذٍ الْحَقُّ لِلرَّحْمَٰنِ ۚ وَكَانَ يَوْمًا عَلَى الْكَافِرِينَ عَسِيرًا (26)

26. ਉਸ ਦਿਨ ਸੱਚੀ ਪਾਤਸ਼ਾਹੀ ਕੇਵਲ ਰਹਿਮਾਨ ਦੀ ਹੀ ਹੋਵੇਗੀ ਅਤੇ ਉਹ ਦਿਨ ਕਾਫ਼ਿਰਾਂ ਲਈ ਬਹੁਤ ਭਾਰੀ ਹੋਵੇਗਾ।

وَيَوْمَ يَعَضُّ الظَّالِمُ عَلَىٰ يَدَيْهِ يَقُولُ يَا لَيْتَنِي اتَّخَذْتُ مَعَ الرَّسُولِ سَبِيلًا (27)

27. ਉਸ ਦਿਨ ਹਰ ਜ਼ਾਲਮ ਵਿਅਕਤੀ ਆਪਣੇ ਹੱਥਾਂ ਨੂੰ ਭਾਵ ਉਂਗਲਾਂ ਨੂੰ ਦੰਦੀ ਵੱਢੇਗਾ ਅਤੇ ਆਖੇਗਾ ਕਿ

ਕਾਸ਼!) ਰਸੂਲ ਦੇ ਨਾਲ ਮੈਂ ਵੀ (ਦੀਨ ਦੀ ਸਿੱਧੀ) ਰਾਹ ਫੜੀ ਹੁੰਦੀ।[1]

28. ਹਾਏ ਮੇਰੇ ਮਾੜੇ ਭਾਗ! ਕਾਸ਼! ਮੈਂ ਫਲਾਣੇ ਨੂੰ ਆਪਣਾ ਮਿੱਤਰ ਨਾ ਬਣਾਉਂਦਾ।

يَٰوَيْلَتَىٰ لَيْتَنِى لَمْ أَتَّخِذْ فُلَانًا خَلِيلًا ﴿28﴾

29. ਬੇਸ਼ੱਕ ਉਸ (ਮਿੱਤਰ) ਨੇ ਹੀ ਮੈਨੂੰ ਗੁਮਰਾਹੀ ਵਿਚ ਪਾਈਆ ਸੀ ਜਦ ਕਿ ਜ਼ਿਕਰ (ਕੁਰਆਨ) ਮੇਰੇ ਕੋਲ ਆ ਚੁੱਕਾ ਸੀ। ਸ਼ੈਤਾਨ ਤਾਂ ਮਨੁੱਖ ਨੂੰ ਬਿਪਤਾ ਵਿਚ ਫਸਾ ਕੇ ਬੇ-ਸਹਾਰਾ ਛੋੜ ਦੇਣ ਵਾਲਾ ਹੈ।

لَّقَدْ أَضَلَّنِى عَنِ ٱلذِّكْرِ بَعْدَ إِذْ جَآءَنِى ۗ وَكَانَ ٱلشَّيْطَٰنُ لِلْإِنسَٰنِ خَذُولًا ﴿29﴾

30. ਅਤੇ ਰਸੂਲ (ਕਿਆਮਤ ਦਿਹਾੜੇ) ਆਖੇਗਾ ਕਿ ਹੇ ਮੇਰੇ ਮਾਲਿਕ! ਮੇਰੀ ਕੌਮ ਨੇ ਇਸ ਕੁਰਆਨ ਨੂੰ ਪਿੱਠ ਪਿੱਛੇ ਸੁੱਟ ਰੱਖਿਆ ਸੀ।

وَقَالَ ٱلرَّسُولُ يَٰرَبِّ إِنَّ قَوْمِى ٱتَّخَذُوا۟ هَٰذَا ٱلْقُرْءَانَ مَهْجُورًا ﴿30﴾

31. (ਹੇ ਨਬੀ!) ਅਸੀਂ ਤਾਂ ਇਸੇ ਪ੍ਰਕਾਰ ਹਰੇਕ ਨਬੀ ਦਾ ਵੈਰੀ ਅਪਰਾਧੀਆਂ ਵਿੱਚੋਂ ਬਣਾਇਆ ਹੈ ਅਤੇ ਤੁਹਾਡਾ ਰੱਬ ਅਗਵਾਈ ਅਤੇ ਮਦਦ ਕਰਨ ਲਈ ਬਥੇਰਾ ਹੈ।

وَكَذَٰلِكَ جَعَلْنَا لِكُلِّ نَبِىٍّ عَدُوًّا مِّنَ ٱلْمُجْرِمِينَ ۗ وَكَفَىٰ بِرَبِّكَ هَادِيًا وَنَصِيرًا ﴿31﴾

32. ਅਤੇ ਕਾਫ਼ਿਰ ਕਹਿੰਦੇ ਹਨ ਕਿ ਇਸ (ਮੁਹੰਮਦ) ਉੱਤੇ ਸੰਪੂਰਨ ਕੁਰਆਨ ਇੱਕੋ ਵਾਰੀ ਕਿਉਂ ਨਹੀਂ ਉਤਾਰਿਆ ਗਿਆ? (ਹੇ ਨਬੀ!) ਅਜਿਹਾ ਇਸ ਲਈ ਕੀਤਾ ਹੈ ਤਾਂ ਜੋ ਤੁਹਾਡਾ ਦਿਲ ਮਜ਼ਬੂਤ ਰੱਖੀਏ (ਭਾਵ ਯਾਦ ਰੱਖਣਾ ਤੇ ਅਮਲ ਕਰਨਾ ਆਸਾਨ ਹੋਵੇ)। ਅਸੀਂ ਇਸ ਕੁਰਆਨ ਨੂੰ (ਵਿਸ਼ੇਸ਼ ਕ੍ਰਮ ਨਾਲ) ਠਹਿਰ-ਠਹਿਰ ਕੇ ਹੀ ਪੜ੍ਹ ਕੇ ਸੁਣਾਇਆ ਹੈ।

وَقَالَ ٱلَّذِينَ كَفَرُوا۟ لَوْلَا نُزِّلَ عَلَيْهِ ٱلْقُرْءَانُ جُمْلَةً وَٰحِدَةً ۚ كَذَٰلِكَ لِنُثَبِّتَ بِهِۦ فُؤَادَكَ ۖ وَرَتَّلْنَٰهُ تَرْتِيلًا ﴿32﴾

33. ਜੇ ਇਹ (ਕਾਫ਼ਿਰ) ਤੁਹਾਡੇ ਕੋਲ ਕੋਈ ਵੀ ਉਦਾਹਰਨ (ਜਾਂ ਵਿਚਿੱਤਰ ਪ੍ਰਸ਼ਨ) ਲੈ ਕੇ ਆਉਣ ਤਾਂ ਅਸੀਂ (ਉਸੇ ਵੇਲੇ) ਸੱਚਾਈ 'ਤੇ ਆਧਾਰਿਤ ਢੁਕਵਾਂ ਜਵਾਬ ਅਤੇ ਸੁਚੱਜੇ ਢੰਗ ਨਾਲ ਉਸ ਦਾ ਵਿਆਖਿਆ ਦੱਸ ਦਿੰਦੇ ਹਾਂ।

وَلَا يَأْتُونَكَ بِمَثَلٍ إِلَّا جِئْنَٰكَ بِٱلْحَقِّ وَأَحْسَنَ تَفْسِيرًا ﴿33﴾

---

[1] ਇਸ ਤੋਂ ਪਤਾ ਲੱਗਦਾ ਹੈ ਕਿ ਮੁਹੰਮਦ (ਸ:) ਦੀ ਰਸਾਲਤ 'ਤੇ ਈਮਾਨ ਰੱਖਣਾ ਜ਼ਰੂਰੀ ਹੈ, ਜਿਵੇਂ ਹਦੀਸ ਵਿਚ ਵੀ ਹੈ ਕਿ ਮੁਹੰਮਦ (ਸ:) ਦੀ ਰਸਾਲਤ ਉੱਤੇ ਈਮਾਨ ਨਾ ਲਿਆਉਣ ਵਾਲਾ ਨਰਕੀ ਹੈ। (ਸਹੀ ਮੁਸਲਿਮ, ਹਦੀਸ: 153)

اَلَّذِيْنَ يُحْشَرُوْنَ عَلٰى وُجُوْهِهِمْ اِلٰى جَهَنَّمَ ۙ اُولٰٓئِكَ شَرٌّ مَّكَانًا وَّاَضَلُّ سَبِيْلًا ﴿٣٤﴾

34. ਜਿਹੜੇ ਲੋਕੀ ਇਕੱਠੇ ਕਰਕੇ ਮੂਧੇ ਮੂੰਹ ਨਰਕ ਵੱਲ ਧੱਕੇ ਜਾਣਗੇ ਉਹਨਾਂ ਦਾ ਟਿਕਾਣਾ ਬਹੁਤ ਹੀ ਭੈੜਾ ਹੈ ਅਤੇ ਉਹ ਉੱਕਾ ਹੀ ਭੈੜੇ ਰਾਹ ਵਾਲੇ ਹਨ।

وَلَقَدْ اٰتَيْنَا مُوْسَى الْكِتٰبَ وَجَعَلْنَا مَعَهٗٓ اَخَاهُ هٰرُوْنَ وَزِيْرًا ﴿٣٥﴾

35. ਬੇਸ਼ੱਕ ਅਸੀਂ ਮੂਸਾ ਨੂੰ ਕਿਤਾਬ (ਤੌਰੈਤ) ਬਖ਼ਸ਼ੀ ਅਤੇ ਉਸ ਦੇ ਭਰਾ ਹਾਰੂਨ ਨੂੰ ਉਸ ਦਾ ਸਹਾਇਕ ਬਣਾਇਆ।

فَقُلْنَا اذْهَبَآ اِلَى الْقَوْمِ الَّذِيْنَ كَذَّبُوْا بِاٰيٰتِنَا ۭ فَدَمَّرْنٰهُمْ تَدْمِيْرًا ﴿٣٦﴾

36. ਅਸੀਂ ਉਹਨਾਂ ਨੂੰ ਹੁਕਮ ਦਿੱਤਾ ਕਿ ਤੁਸੀਂ ਦੋਵੇਂ ਉਸ ਕੌਮ ਵੱਲ ਜਾਓ ਜਿਸ ਨੇ ਸਾਡੀਆਂ ਆਇਤਾਂ (ਹੁਕਮਾਂ) ਨੂੰ ਝੁਠਲਾਇਆ ਹੈ। ਫੇਰ ਅਸੀਂ ਉਹਨਾਂ ਲੋਕਾਂ ਨੂੰ ਮਲਿਆਮੇਟ ਕਰ ਸੁੱਟਿਆ।

وَقَوْمَ نُوْحٍ لَّمَّا كَذَّبُوا الرُّسُلَ اَغْرَقْنٰهُمْ وَجَعَلْنٰهُمْ لِلنَّاسِ اٰيَةً ۭ وَّاَعْتَدْنَا لِلظّٰلِمِيْنَ عَذَابًا اَلِيْمًا ﴿٣٧﴾

37. ਅਤੇ ਨੂਹ ਦੀ ਕੌਮ ਨੇ ਵੀ ਜਦੋਂ ਰਸੂਲਾਂ ਨੂੰ ਝੂਠਾ ਕਿਹਾ ਤਾਂ ਅਸੀਂ ਉਹਨਾਂ ਸਭ ਨੂੰ ਡੋਬ ਦਿੱਤਾ ਅਤੇ ਸੰਸਾਰ ਦੇ ਸਾਰੇ ਲੋਕਾਂ ਲਈ ਇਕ ਸਿੱਖਿਆਦਾਇਕ ਨਿਸ਼ਾਨੀ ਬਣਾ ਦਿੱਤਾ। ਅਸੀਂ ਜ਼ਾਲਮਾਂ ਲਈ ਦਰਦਨਾਕ ਅਜ਼ਾਬ ਤਿਆਰ ਕਰ ਰੱਖਿਆ ਹੈ।

وَّعَادًا وَّثَمُوْدَا۟ وَاَصْحٰبَ الرَّسِّ وَقُرُوْنًۢا بَيْنَ ذٰلِكَ كَثِيْرًا ﴿٣٨﴾

38 ਆਦ, ਸਮੂਦ ਤੇ ਖੂਹ ਵਾਲੇ ਅਤੇ ਇਹਨਾਂ ਦੇ ਵਿਚਕਾਰ ਦੀਆਂ ਹੋਰ ਬਹੁਤ ਸਾਰੀਆਂ ਕੌਮਾਂ ਨੂੰ ਵੀ ਅਸੀਂ ਹਲਾਕ ਕਰ ਚੁੱਕੇ ਹਾਂ।

وَكُلًّا ضَرَبْنَا لَهُ الْاَمْثَالَ ۡ وَكُلًّا تَبَّرْنَا تَتْبِيْرًا ﴿٣٩﴾

39 ਅਸੀਂ ਉਹਨਾਂ ਸਭ ਕੌਮਾਂ ਨੂੰ (ਪਿੱਛੇ ਬਰਬਾਦ ਹੋਣ ਵਾਲਿਆਂ ਦੀਆਂ) ਉਦਾਹਰਣਾਂ ਪੇਸ਼ ਕੀਤੀਆਂ (ਤਾਂ ਜੋ ਸਮਝ ਜਾਣ) ਅਖ਼ੀਰ ਹਰੇਕ ਨੂੰ ਬਰਬਾਦ ਕਰਕੇ ਮਲੀਆਮੇਟ ਕਰ ਦਿੱਤਾ।

وَلَقَدْ اَتَوْا عَلَى الْقَرْيَةِ الَّتِيْٓ اُمْطِرَتْ مَطَرَ السَّوْءِ ۭ اَفَلَمْ يَكُوْنُوْا يَرَوْنَهَا ۚ بَلْ كَانُوْا لَا يَرْجُوْنَ نُشُوْرًا ﴿٤٠﴾

40 ਇਹ (ਮੱਕੇ ਦੇ) ਲੋਕ ਉਸ ਬਸਤੀ ਦੇ ਨੇੜਿਓਂ ਹੀ ਲੰਘਦੇ ਹਨ ਜਿੱਥੇ ਬੜੀ ਭੈੜੀ (ਪੱਥਰਾਂ ਦੀ) ਬਾਰਿਸ਼ ਹੋਈ ਸੀ। ਕੀ ਇਹ ਫੇਰ ਵੀ ਉਸ ਨੂੰ ਨਹੀਂ ਵੇਖਦੇ? ਸੱਚੀ ਗੱਲ ਤਾਂ ਇਹ ਹੈ ਕਿ ਉਹਨਾਂ ਨੂੰ ਮਰਨ ਮਗਰੋਂ ਮੁੜ ਸੁਰਜੀਤ ਹੋਣ ਦੀ ਆਸ ਹੀ ਨਹੀਂ।

---

1 ਵੇਖੋ ਸੂਰਤ ਬਨੀ-ਇਸਰਾਈਲ, ਹਾਸ਼ੀਆ ਆਇਤ 97/17

41. ਹੇ ਨਬੀ! ਜਦੋਂ ਉਹ ਤੁਹਾਨੂੰ ਵੇਖਦੇ ਹਨ ਤਾਂ ਤੁਹਾਡਾ ਮਖ਼ੌਲ ਕਰਦੇ ਹਨ (ਅਤੇ ਕਹਿੰਦੇ ਹਨ), ਕੀ ਇਹ ਇਹੋ ਵਿਅਕਤੀ ਹੈ ਜਿਸ ਨੂੰ ਅੱਲਾਹ ਨੇ ਆਪਣਾ ਰਸੂਲ ਬਣਾ ਕੇ ਭੇਜਿਆ ਹੈ?

وَإِذَا رَأَوْكَ إِنْ يَتَّخِذُونَكَ إِلَّا هُزُوًا ۖ أَهَٰذَا الَّذِي
بَعَثَ اللَّهُ رَسُولًا 41

42 ਇਹ ਕਾਫ਼ਿਰ ਤਾਂ ਇਹ ਵੀ ਕਹਿੰਦੇ ਹਨ ਕਿ ਜੇ ਅਸੀਂ ਇਸ (ਕੁਫ਼ਰ) 'ਤੇ ਅੜੇ ਨਾ ਰਹਿੰਦੇ ਤਾਂ ਇਸ (ਨਬੀ ਸ:) ਨੇ ਤਾਂ ਸਾਨੂੰ ਸਾਡੇ ਇਸ਼ਟਾਂ ਤੋਂ ਬਹਕਾ ਦੇਣ ਵਿਚ ਕੋਈ ਕਸਰ ਨਹੀਂ ਛੱਡੀ ਸੀ। ਪਰੰਤੂ ਜਦੋਂ ਇਹ ਅਜ਼ਾਬਾਂ ਨੂੰ ਵੇਖਣਗੇ ਤਾਂ ਉਹਨਾਂ ਨੂੰ ਛੇਤੀਂ ਹੀ ਪਤਾ ਲੱਗ ਜਾਵੇਗਾ ਕਿ ਕੌਣ ਰਾਹੋਂ ਭਟਕਿਆ ਹੋਇਆ ਹੈ?

إِنْ كَادَ لَيُضِلُّنَا عَنْ آلِهَتِنَا لَوْلَا أَنْ صَبَرْنَا
عَلَيْهَا ۚ وَسَوْفَ يَعْلَمُونَ حِينَ يَرَوْنَ الْعَذَابَ
مَنْ أَضَلُّ سَبِيلًا 42

43 ਕੀ ਤੁਸੀਂ (ਹੇ ਨਬੀ!) ਉਸ ਨੂੰ ਨਹੀਂ ਵੇਖਿਆ ਜਿਸ ਨੇ ਆਪਣੀਆਂ ਇੱਛਾਵਾਂ ਨੂੰ ਆਪਣਾ ਇਸ਼ਟ ਬਣਾ ਰੱਖਿਆ ਹੈ? ਕੀ ਤੁਸੀਂ ਅਜਿਹੇ ਵਿਅਕਤੀ ਦੀ (ਸਿੱਧੇ ਰਾਹ ਚੱਲਣ ਦੀ) ਜ਼ਿੰਮੇਵਾਰੀ ਲੈ ਸਕਦੇ ਹੋ?

أَرَأَيْتَ مَنِ اتَّخَذَ إِلَٰهَهُ هَوَاهُ ۚ أَفَأَنْتَ تَكُونُ
عَلَيْهِ وَكِيلًا 43

44 ਕੀ ਤੁਸੀਂ ਇਸ ਖ਼ਿਆਲ ਵਿਚ ਹੋ ਕਿ ਉਹਨਾਂ ਲੋਕਾਂ ਵਿੱਚੋਂ ਬਹੁਤੇ ਲੋਕ ਸੁਣਦੇ ਜਾਂ ਸਮਝਦੇ ਹਨ? ਇਹ ਤਾਂ ਪਸ਼ੂਆਂ ਸਮਾਨ ਹਨ ਸਗੋਂ ਉਹਨਾਂ ਤੋਂ ਵੀ ਗਏ ਗੁਜ਼ਰੇ ਹਨ।

أَمْ تَحْسَبُ أَنَّ أَكْثَرَهُمْ يَسْمَعُونَ أَوْ يَعْقِلُونَ ۚ إِنْ هُمْ
إِلَّا كَالْأَنْعَامِ ۖ بَلْ هُمْ أَضَلُّ سَبِيلًا 44

45 (ਹੇ ਮੁਹੰਮਦ!) ਕੀ ਤੁਸੀਂ ਨਹੀਂ ਵੇਖਿਆ ਕਿ ਤੁਹਾਡੇ ਰੱਬ ਨੇ ਪਰਛਾਵੇਂ ਨੂੰ ਕਿਵੇਂ ਫੈਲਾਇਆ ਹੈ? ਜੇਕਰ ਉਹ ਚਾਹੁੰਦਾ ਤਾਂ ਉਸ ਨੂੰ ਸਥਿਰ ਹੀ ਕਰ ਦਿੰਦਾ। ਫੇਰ ਅਸਾਂ ਸੂਰਜ ਨੂੰ ਉਸ (ਪਰਛਾਵੇਂ) ਦਾ ਆਗੂ ਬਣਾਇਆ। (ਭਾਵ ਜੇ ਸੂਰਜ ਨਾ ਹੁੰਦਾ ਤਾਂ ਪਰਛਾਵਾਂ ਵੀ ਨਾ ਹੁੰਦਾ)।

أَلَمْ تَرَ إِلَىٰ رَبِّكَ كَيْفَ مَدَّ الظِّلَّ وَلَوْ شَاءَ لَجَعَلَهُ
سَاكِنًا ثُمَّ جَعَلْنَا الشَّمْسَ عَلَيْهِ دَلِيلًا 45

46 ਫੇਰ ਅਸੀਂ ਇਸ (ਸੂਰਜ) ਨੂੰ ਹੌਲੀ ਹੌਲੀ ਆਪਣੇ ਵੱਲ ਸਮੇਟ ਲਿਆ (ਭਾਵ ਸੂਰਜ ਨੂੰ ਡੋਬ ਦਿੱਤਾ)।

ثُمَّ قَبَضْنَاهُ إِلَيْنَا قَبْضًا يَسِيرًا 46

47. ਅਤੇ ਉਹੀ (ਅੱਲਾਹ) ਹੈ ਜਿਸ ਨੇ ਰਾਤ ਨੂੰ ਤੁਹਾਡੇ ਲਈ ਪਰਦਾ ਬਣਾਇਆ ਅਤੇ ਨੀਂਦਰ ਨੂੰ ਅਰਾਮ ਸਕੂਨ ਦਾ ਸਾਧਨ ਬਣਾਇਆ ਅਤੇ ਦਿਨ ਨੂੰ ਉਠ ਖੜੇ ਹੋਣ ਦਾ (ਭਾਵ ਜਾਗਣ ਦਾ) ਵੇਲਾ ਬਣਾਇਆ।

وَهُوَ الَّذِي جَعَلَ لَكُمُ اللَّيْلَ لِبَاسًا وَالنَّوْمَ
سُبَاتًا وَجَعَلَ النَّهَارَ نُشُورًا (٤٧)

48. ਅਤੇ ਉਹੀ (ਅੱਲਾਹ) ਹੈ ਜਿਹੜਾ ਆਪਣੀ ਮਿਹਰਾਂ ਵਾਲੇ ਮੀਂਹ ਤੋਂ ਪਹਿਲਾਂ ਹਵਾਵਾਂ ਨੂੰ ਖ਼ੁਸ਼ਖ਼ਬਰੀ ਦੇਣ ਵਾਲੀਆਂ ਬਣਾ ਕੇ ਭੇਜਦਾ ਹੈ ਅਤੇ ਅਕਾਸ਼ ਤੋਂ ਪਵਿੱਤਰ ਪਾਣੀ ਵੀ ਅਸੀਂ ਹੀ ਉਤਾਰਿਆ ਹੈ।

وَهُوَ الَّذِي أَرْسَلَ الرِّيَاحَ بُشْرًا بَيْنَ يَدَيْ
رَحْمَتِهِ ۚ وَأَنْزَلْنَا مِنَ السَّمَاءِ مَاءً طَهُورًا (٤٨)

49. ਤਾਂ ਜੋ ਇਸ (ਮੀਂਹ) ਰਾਹੀਂ ਮੁਰਦਾ ਇਲਾਕੇ (ਬੰਜਰ ਧਰਤੀ) ਨੂੰ ਜਿਊਂਦਾ (ਉਪਜਾਊ) ਕਰ ਦਈਏ ਅਤੇ ਅਸੀਂ ਇਸ (ਪਾਣੀ) ਨੂੰ ਆਪਣੀ ਮਖ਼ਲੂਕ (ਸ੍ਰਿਸ਼ਟੀ) ਵਿੱਚੋਂ ਬਹੁਤ ਸਾਰੇ ਜਾਨਵਰਾਂ ਅਤੇ ਮਨੁੱਖਾਂ ਨੂੰ ਪਿਆਈਏ।

لِنُحْيِيَ بِهِ بَلْدَةً مَيْتًا وَنُسْقِيَهُ مِمَّا خَلَقْنَا أَنْعَامًا
وَأَنَاسِيَّ كَثِيرًا (٤٩)

50. ਅਤੇ ਬੇਸ਼ੱਕ ਅਸੀਂ ਇਸ (ਮੀਂਹ) ਨੂੰ ਮੁੜ-ਮੁੜ ਉਹਨਾਂ ਦੇ ਸਾਹਮਣੇ ਲਿਆਉਂਦੇ ਭਾਵ ਬਰਸਾਉਂਦੇ ਹਾਂ ਤਾਂ ਜੋ ਉਹ ਸਿੱਖਿਆ ਪ੍ਰਾਪਤ ਕਰ ਸਕਣ ਪਰ ਫੇਰ ਵੀ ਬਹੁਤੇ ਲੋਕ ਨਾ-ਸ਼ੁਕਰੀ ਕਰਦੇ ਹਨ।

وَلَقَدْ صَرَّفْنَاهُ بَيْنَهُمْ لِيَذَّكَّرُوا ۖ
فَأَبَىٰ أَكْثَرُ النَّاسِ إِلَّا كُفُورًا (٥٠)

51. ਜੇਕਰ ਅਸੀਂ ਚਾਹੁੰਦੇ ਤਾਂ ਹਰੇਕ ਬਸਤੀ ਵਿਚ (ਨਰਕ ਤੋਂ) ਇਕ ਡਰਾਉਣ ਵਾਲਾ (ਨਬੀ) ਭੇਜਦੇ।

وَلَوْ شِئْنَا لَبَعَثْنَا فِي كُلِّ قَرْيَةٍ نَذِيرًا ۖ (٥١)

52. ਸੋ (ਹੇ ਨਬੀ!) ਤੁਸੀਂ ਕਾਫ਼ਿਰਾਂ ਦੇ ਆਖੇ ਨਾ ਲੱਗੋ ਅਤੇ ਇਸ ਕੁਰਆਨ (ਦੀਆਂ ਸਿੱਖਿਆਵਾਂ) ਰਾਹੀਂ ਉਹਨਾਂ (ਕਾਫ਼ਿਰਾਂ) ਵਿਰੁੱਧ ਜਿਹਾਦ (ਸੰਘਰਸ਼) ਕਰੋ।

فَلَا تُطِعِ الْكَافِرِينَ وَجَاهِدْهُمْ بِهِ جِهَادًا كَبِيرًا 52

53. ਅਤੇ ਉਹੀ (ਅੱਲਾਹ) ਹੈ ਜਿਸ ਨੇ ਦੋ ਸਮੁੰਦਰਾਂ ਨੂੰ ਮਿਲਾ ਰੱਖਿਆ ਹੈ। ਇਕ ਪਾਣੀ ਮਿੱਠਾ ਤੇ ਪਿਆਸ ਬੁਝਾਉਂਦਾ ਹੈ ਅਤੇ ਦੂਜਾ ਖਾਰਾ ਤੇ ਕੌੜਾ ਹੈ ਅਤੇ ਉਹਨਾਂ ਦੋਵਾਂ ਵਿਚਕਾਰ ਇਕ ਪੜਦਾ ਹੈ, ਜਿਸ ਨੇ ਉਹਨਾਂ ਨੂੰ ਗਡ-ਮਡ ਹੋਣ ਤੋਂ ਰੋਕ ਰੱਖਿਆ ਹੈ।

وَهُوَ الَّذِي مَرَجَ الْبَحْرَيْنِ هَٰذَا عَذْبٌ فُرَاتٌ وَهَٰذَا
مِلْحٌ أُجَاجٌ وَجَعَلَ بَيْنَهُمَا بَرْزَخًا وَحِجْرًا
مَحْجُورًا 53

54. ਅਤੇ (ਅੱਲਾਹ) ਉਹੀ ਹੈ ਜਿਸ ਨੇ ਪਾਣੀ (ਭਾਵ ਵੀਰਜ) ਤੋਂ ਮਨੁੱਖ ਨੂੰ ਪੈਦਾ ਕੀਤਾ ਫੇਰ ਉਸ ਨੂੰ ਪਰਿਵਾਰ ਵਾਲਾ ਅਤੇ ਸਹੁਰਿਆਂ ਵਾਲਾ ਬਣਾਇਆ। ਬੇਸ਼ੱਕ ਤੁਹਾਡਾ ਰੱਬ ਹਰ ਕੰਮ ਕਰਨ ਦੀ ਕੁਦਰਤ ਰੱਖਦਾ ਹੈ।

وَهُوَ الَّذِي خَلَقَ مِنَ الْمَاءِ بَشَرًا فَجَعَلَهُ
نَسَبًا وَصِهْرًا ۗ وَكَانَ رَبُّكَ قَدِيرًا ﴿٥٤﴾

55. ਇਹ (ਕਾਫ਼ਿਰ) ਲੋਕ ਅੱਲਾਹ ਨੂੰ ਛੱਡ ਕੇ ਉਹਨਾਂ ਦੀ ਪੂਜਾ ਕਰਦੇ ਹਨ ਜੋ ਨਾ ਤਾਂ ਉਹਨਾਂ ਨੂੰ ਕੋਈ ਲਾਭ ਹੀ ਦੇ ਸਕਦੇ ਹਨ ਤੇ ਨਾ ਹੀ ਕੋਈ ਹਾਨੀ। ਕਾਫ਼ਿਰ ਤਾਂ ਆਪਣੇ ਰੱਬ ਦੇ ਵਿਰੁੱਧ (ਸ਼ੈਤਾਨ ਦਾ) ਸਹਾਈ ਹੈ।

وَيَعْبُدُونَ مِن دُونِ اللَّهِ مَا لَا يَنفَعُهُمْ
وَلَا يَضُرُّهُمْ ۗ وَكَانَ الْكَافِرُ عَلَىٰ رَبِّهِ ظَهِيرًا ﴿٥٥﴾

56. (ਹੇ ਮੁਹੰਮਦ!) ਅਸਾਂ ਤਾਂ ਤੁਹਾਨੂੰ (ਸਵਰਗਾਂ ਦੀਆਂ) ਖ਼ੁਸ਼ਖ਼ਬਰੀਆਂ ਅਤੇ (ਅਜ਼ਾਬ) ਤੋਂ ਡਰਾਉਣ ਵਾਲਾ ਬਣਾ ਕੇ ਭੇਜਿਆ ਹੈ।

وَمَا أَرْسَلْنَاكَ إِلَّا مُبَشِّرًا وَنَذِيرًا ﴿٥٦﴾

57. (ਹੇ ਨਬੀ! ਉਹਨਾਂ ਕਾਫ਼ਿਰਾਂ ਨੂੰ) ਆਖੋ ਕਿ ਮੈਂ ਇਸ ਕੰਮ ਲਈ (ਕੁਰਆਨੀ ਸਿੱਖਿਆਵਾਂ ਪਹੁੰਚਾਉਣ ਲਈ) ਤੁਹਾਥੋਂ ਕੋਈ ਬਦਲਾ ਨਹੀਂ ਮੰਗਦਾ। ਜੋ ਜੋ ਵੀ ਚਾਹਵੇ (ਇਹਨਾਂ ਸਿੱਖਿਆਵਾਂ ਨੂੰ ਮੰਨਦਾ ਹੋਇਆ) ਆਪਣੇ ਰੱਬ ਕੋਲ ਜਾ ਸਕਦਾ ਹੈ।

قُلْ مَا أَسْأَلُكُمْ عَلَيْهِ مِنْ أَجْرٍ إِلَّا مَن شَاءَ
أَن يَتَّخِذَ إِلَىٰ رَبِّهِ سَبِيلًا ﴿٥٧﴾

58. ਸੋ ਤੁਸੀਂ ਉਸ ਸਦਾ ਜੀਵਿਤ ਰਹਿਣ ਵਾਲੇ (ਅੱਲਾਹ) 'ਤੇ ਭਰੋਸਾ ਰੱਖੋ ਜਿਸ ਨੂੰ ਕਦੇ ਮੌਤ ਨਹੀਂ ਆਵੇਗੀ ਅਤੇ ਉਸ ਦੀ ਮਹਿਮਾ ਨਾਲ ਉਸ ਦੀ ਤਸਬੀਹ ਕਰੋ। ਉਹ (ਰੱਬ) ਆਪਣੇ ਬੰਦਿਆਂ ਦੇ ਗੁਨਾਹਾਂ ਤੋਂ ਸਭ ਤੋਂ ਵੱਧ ਜਾਣੂ ਹੈ।

وَتَوَكَّلْ عَلَى الْحَيِّ الَّذِي لَا يَمُوتُ وَسَبِّحْ بِحَمْدِهِ ۚ
وَكَفَىٰ بِهِ بِذُنُوبِ عِبَادِهِ خَبِيرًا ﴿٥٨﴾

59. (ਅੱਲਾਹ) ਉਹ ਜ਼ਾਤ ਹੈ ਜਿਸ ਨੇ ਅਕਾਸ਼ਾਂ ਅਤੇ ਧਰਤੀ ਅਤੇ ਉਹਨਾਂ ਦੇ ਵਿਚਕਾਰ ਦੀਆਂ ਸਾਰੀਆਂ ਚੀਜ਼ਾਂ ਨੂੰ ਛੇ ਦਿਨਾਂ ਵਿਚ ਪੈਦਾ ਕੀਤਾ ਫੇਰ ਅਰਸ਼ (ਅਕਾਸ਼) 'ਤੇ ਵਿਰਾਜਮਾਨ ਹੋਇਆ। ਉਹੀ ਰਹਿਮਾਨ ਹੈ, ਤੁਸੀਂ ਉਸ ਦੀ ਸ਼ਾਨ ਕਿਸੇ ਜਾਣਨ ਵਾਲੇ ਤੋਂ ਪੁੱਛੋ।

الَّذِي خَلَقَ السَّمَاوَاتِ وَالْأَرْضَ وَمَا بَيْنَهُمَا
فِي سِتَّةِ أَيَّامٍ ثُمَّ اسْتَوَىٰ عَلَى الْعَرْشِ ۚ
الرَّحْمَٰنُ فَاسْأَلْ بِهِ خَبِيرًا ﴿٥٩﴾

60 ਜਦੋਂ ਉਹਨਾਂ (ਕਾਫ਼ਿਰਾਂ) ਨੂੰ ਕਿਹਾ ਜਾਂਦਾ ਹੈ ਕਿ ਰਹਿਮਾਨ ਨੂੰ ਸਿਜਦਾ ਕਰੋ ਤਾਂ ਪੁੱਛਦੇ ਹਨ ਕਿ ਰਹਿਮਾਨ ਕੌਣ ਹੈ? ਕੀ ਅਸੀਂ ਉਸ ਨੂੰ ਸਿਜਦਾ ਕਰੀਏ ਜਿਸ ਦਾ ਹੁਕਮ ਤੁਸੀਂ (ਮੁਹੰਮਦ ਸ:) ਸਾਨੂੰ ਦੇ ਰਹੇ ਹੋ? ਇਸ ਗੱਲ ਨੇ ਤਾਂ ਉਹਨਾਂ ਦੀ ਘਿਰਣਾਂ ਵਿਚ ਵਧੇਰੇ ਵਾਧਾ ਕੀਤਾ ਹੈ।

وَإِذَا قِيلَ لَهُمُ اسْجُدُوا لِلرَّحْمَٰنِ قَالُوا وَمَا الرَّحْمَٰنُ أَنَسْجُدُ لِمَا تَأْمُرُنَا وَزَادَهُمْ نُفُورًا ۩ ﴿٦٠﴾

61 ਉਹ ਵੱਡੀਆਂ ਬਰਕਤਾਂ ਵਾਲਾ ਹੈ ਜਿਸ ਨੇ ਅਕਾਸ਼ ਵਿਚ ਬੁਰਜ ਬਣਾਏ ਅਤੇ ਉਸੇ ਵਿਚ ਚਰਾਗ਼ (ਸੂਰਜ) ਅਤੇ ਰੌਸ਼ਨ ਚੰਨ ਬਣਾਇਆ।

تَبَارَكَ الَّذِي جَعَلَ فِي السَّمَاءِ بُرُوجًا وَجَعَلَ فِيهَا سِرَاجًا وَقَمَرًا مُنِيرًا ﴿٦١﴾

62 ਉਸੇ ਨੇ ਇਕ ਦੂਜੇ ਦੇ ਪਿੱਛੇ ਆਉਣ ਵਾਲੇ ਰਾਤ ਤੇ ਦਿਨ ਬਣਾਏ। ਇਹ ਸਭ ਉਸ ਵਿਅਕਤੀ ਨੂੰ ਸਮਝਾਉਣ ਲਈ ਹੈ ਜਿਹੜਾ ਸਿੱਖਿਆ ਪ੍ਰਾਪਤ ਕਰਨਾ ਚਾਹੁੰਦਾ ਹੈ ਜਾਂ ਧੰਨਵਾਦੀ ਹੋਣਾ ਚਾਹੁੰਦਾ ਹੈ।

وَهُوَ الَّذِي جَعَلَ اللَّيْلَ وَالنَّهَارَ خِلْفَةً لِمَنْ أَرَادَ أَنْ يَذَّكَّرَ أَوْ أَرَادَ شُكُورًا ﴿٦٢﴾

63. ਰਹਿਮਾਨ ਦੇ (ਸੱਚੇ) ਬੰਦੇ ਉਹ ਹਨ ਜਿਹੜੇ ਧਰਤੀ 'ਤੇ ਨਰਮਾਈ ਨਾਲ ਤੁਰਦੇ ਹਨ ਜਦੋਂ ਜਾਹਿਲ ਲੋਕ ਉਹਨਾਂ ਨਾਲ (ਬੇਤੁਕੀਆਂ) ਗੱਲਾਂ ਕਰਨ ਲੱਗਦੇ ਹਨ ਤਾਂ ਉਹ (ਉਲਝਦੇ ਨਹੀਂ) ਬਸ ਕਹਿੰਦੇ ਹਨ ਕਿ ਤੁਹਾਨੂੰ ਮੇਰਾ ਸਲਾਮ।

وَعِبَادُ الرَّحْمَٰنِ الَّذِينَ يَمْشُونَ عَلَى الْأَرْضِ هَوْنًا وَإِذَا خَاطَبَهُمُ الْجَاهِلُونَ قَالُوا سَلَامًا ﴿٦٣﴾

64 ਅਤੇ ਜਿਹੜੇ ਆਪਣੇ ਰੱਬ ਦੇ ਹਜ਼ੂਰ ਸਿਜਦੇ ਤੇ ਕਿਯਾਮ ਕਰਦੇ (ਰਾਤ ਨਮਾਜ਼ਾਂ ਪੜ੍ਹਦੇ) ਹੋਏ ਰਾਤਾਂ ਗੁਜ਼ਾਰਦੇ ਹਨ।[1]

وَالَّذِينَ يَبِيتُونَ لِرَبِّهِمْ سُجَّدًا وَقِيَامًا ﴿٦٤﴾

65. ਅਤੇ ਜਿਹੜੇ ਇਹ ਦੁਆਵਾਂ ਕਰਦੇ ਹਨ ਕਿ ਹੇ ਸਾਡੇ ਰੱਬਾ! ਨਰਕ ਦਾ ਅਜ਼ਾਬ ਸਾਥੋਂ ਪਰਾਂ ਹੀ ਰੱਖਿਓ ਕਿਉਂ ਜੋ ਉਸ ਦਾ ਅਜ਼ਾਬ ਸਦਾ ਲਈ ਚਿੰਬੜਨ ਵਾਲਾ ਹੈ।

وَالَّذِينَ يَقُولُونَ رَبَّنَا اصْرِفْ عَنَّا عَذَابَ جَهَنَّمَ ۖ إِنَّ عَذَابَهَا كَانَ غَرَامًا ﴿٦٥﴾

66 ਨਿਰਸੰਦੇਹ, ਉਹ (ਨਰਕ) ਤਾਂ ਵੱਡੀ ਭੈੜੀ ਠਹਿਰਨ ਅਤੇ ਰਹਿਣ ਵਾਲੀ ਥਾਂ ਹੈ।

إِنَّهَا سَاءَتْ مُسْتَقَرًّا وَمُقَامًا ﴿٦٦﴾

---

[1] ਰਾਤ ਫ਼ਰਜ਼ਾਂ ਦੇ ਨਾਲੋ-ਨਾਲ ਨਫ਼ਲਾਂ ਦੀ ਅਦਾਇਗੀ ਕਰਨ ਵਾਲੇ ਵੀ ਇਹਨਾਂ ਵਾਂਗ ਹੋਣਗੇ ਫ਼ਰਜ਼ਾਂ ਦੀ ਅਦਾਇਗੀ ਵੀ ਕੋਈ ਛੋਟੀ ਜਿਹੀ ਗੱਲ ਨਹੀਂ ਉਹ ਸਭ ਵੀ ਇਸ ਵਿਚ ਸ਼ਾਮਲ ਹਨ।

67 ਉਹ ਲੋਕ ਖ਼ਰਚ ਕਰਦੇ ਸਮੇਂ ਨਾ ਤਾਂ ਫ਼ਾਲਤੂ (ਲੋੜ ਤੋਂ ਵੱਧ) ਖ਼ਰਚ ਕਰਦੇ ਹਨ ਅਤੇ ਨਾ ਹੀ ਕੰਜੂਸੀ ਤੋਂ ਕੰਮ ਲੈਂਦੇ ਹਨ, ਸਗੋਂ ਉਹਨਾਂ ਦੋਵਾਂ ਦੇ ਵਿਚਾਲੇ ਵਾਲੀ ਰਾਹ ਅਪਣਾਉਂਦੇ ਹਨ।

وَالَّذِينَ إِذَا أَنفَقُوا لَمْ يُسْرِفُوا وَلَمْ يَقْتُرُوا وَكَانَ بَيْنَ ذَٰلِكَ قَوَامًا ﴿٦٧﴾

68 ਉਹ ਅੱਲਾਹ ਦੇ ਨਾਲੋਂ ਨਾਲ ਕਿਸੇ ਹੋਰ ਇਸ਼ਟ ਨੂੰ (ਮਦਦ ਲਈ) ਨਹੀਂ ਪੁਕਾਰਦੇ ਅਤੇ ਕਿਸੇ ਵੀ ਅਜਿਹੇ ਵਿਅਕਤੀ ਨੂੰ ਕਤਲ ਨਹੀਂ ਕਰਦੇ, ਜਿਸ ਨੂੰ ਮਾਰਨਾ ਅੱਲਾਹ ਨੇ ਹਰਾਮ ਕੀਤਾ ਹੈ ਅਤੇ ਨਾ ਹੀ ਉਹ ਜ਼ਨਾਖੋਰੀ ਕਰਦੇ ਹਨ। ਜਿਹੜਾ ਵੀ ਕੋਈ ਇਹ ਕੰਮ ਕਰੇਗਾ, ਉਸ ਦੇ ਪਾਪਾਂ ਦੀ ਸਜ਼ਾ ਉਸੇ ਨੂੰ ਮਿਲੇਗੀ।

وَالَّذِينَ لَا يَدْعُونَ مَعَ اللَّهِ إِلَٰهًا آخَرَ وَلَا يَقْتُلُونَ النَّفْسَ الَّتِي حَرَّمَ اللَّهُ إِلَّا بِالْحَقِّ وَلَا يَزْنُونَ ۚ وَمَن يَفْعَلْ ذَٰلِكَ يَلْقَ أَثَامًا[1] ﴿٦٨﴾

69. ਕਿਆਮਤ ਵਾਲੇ ਦਿਨ ਉਸ ਦਾ ਅਜ਼ਾਬ ਦੁੱਗਣਾ ਕਰ ਦਿੱਤਾ ਜਾਵੇਗਾ ਅਤੇ ਉਹ ਉਸ ਵਿਚ ਸਦਾ ਅਪਮਾਨਿਤ ਹੋ ਕੇ ਰਹੇਗਾ।

يُضَاعَفْ لَهُ الْعَذَابُ يَوْمَ الْقِيَامَةِ وَيَخْلُدْ فِيهِ مُهَانًا ﴿٦٩﴾

70 ਪਰ ਜਿਨ੍ਹਾਂ ਨੇ ਤੌਬਾ ਕਰ ਲਈ ਅਤੇ ਈਮਾਨ ਲਿਆਏ ਅਤੇ ਨੇਕ ਕੰਮ ਕੀਤੇ ਅਜਿਹੇ ਲੋਕਾਂ ਦੀਆਂ ਬੁਰਾਈਆਂ ਨੂੰ ਅੱਲਾਹ ਨੇਕੀਆਂ ਵਿਚ ਬਦਲ ਦੇਵੇਗਾ। ਅੱਲਾਹ (ਮਿਹਰਾਂ ਸਦਕੇ) ਬਖ਼ਸ਼ਣਹਾਰ ਤੇ ਮਿਹਰਬਾਨ ਹੈ।

إِلَّا مَن تَابَ وَآمَنَ وَعَمِلَ عَمَلًا صَالِحًا فَأُولَٰئِكَ يُبَدِّلُ اللَّهُ سَيِّئَاتِهِمْ حَسَنَاتٍ ۗ وَكَانَ اللَّهُ غَفُورًا رَّحِيمًا ﴿٧٠﴾

---

[1] ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ "ਬੇਸ਼ੱਕ ਇਸਲਾਮ ਪਿਛਲੇ ਸਾਰੇ ਗੁਨਾਹਾਂ ਨੂੰ ਖ਼ਤਮ ਕਰ ਦਿੰਦਾ ਹੈ ਇੰਜ ਹੀ ਅੱਲਾਹ ਲਈ ਹਿਜਰਤ ਅਤੇ ਅੱਲਾਹ ਦੇ ਘਰ ਦਾ ਹੱਜ ਵੀ" (ਸਹੀ ਮੁਸਲਿਮ, ਹਦੀਸ: 121) ਹਜ਼ਰਤ ਇਬਨੇ ਅੱਬਾਸ ਰਾਹੀਂ ਪਤਾ ਲੱਗਦਾ ਹੈ ਕਿ ਕੁੱਝ ਮੁਸ਼ਰਿਕ ਜਿਨ੍ਹਾਂ ਨੇ ਬਹੁਤ ਕਤਲ ਅਤੇ ਜ਼ਨਾ ਕੀਤੇ ਸੀ। ਨਬੀ ਕਰੀਮ (ਸ:) ਦੀ ਸੇਵਾ ਵਿਖੇ ਹਾਜ਼ਿਰ ਹੋਏ ਅਤੇ ਉਹਨਾਂ ਨੇ ਕਿਹਾ ਕਿ ਤੁਸੀਂ ਜੋ ਵੀ ਆਖਦੇ ਹੋ ਅਤੇ ਜਿਹੜੇ ਧਰਮ ਵੱਲ ਬੁਲਾਉਂਦੇ ਹੋ ਉਹ ਬਹੁਤ ਹੀ ਵਧੀਆ ਹੈ ਪਰ ਤੁਸੀਂ ਸਾਨੂੰ ਇਹ ਤਾਂ ਦੱਸੋ ਕਿ ਅਸਾਂ ਜਿਹੜੇ ਭੈੜੇ ਕੰਮ ਕੀਤੇ ਹੋਏ ਹਨ ਉਹਨਾਂ ਦਾ ਕੋਈ ਕੱਫ਼ਾਰਾ (ਬਚਾਓ) ਵੀ ਹੈ। ਇਸ 'ਤੇ ਕੁਰਆਨ ਦੀ ਇਹ ਆਇਤ ਨਾਜ਼ਿਲ ਹੋਈ ਕਿ ਜਿਹੜੇ ਅੱਲਾਹ ਦੇ ਨਾਲ ਕਿਸੇ ਦੂਜੇ ਇਸ਼ਟ ਨੂੰ ਨਹੀਂ ਪੁਕਾਰਦੇ ਅਤੇ ਜਿਸ ਮਨੁੱਖੀ ਜਾਨ ਨੂੰ ਹਰਾਮ ਕੀਤਾ ਹੈ ਉਸ ਨੂੰ ਨਾ-ਹੱਕਾ ਕਤਲ ਨਹੀਂ ਕਰਦੇ ਅਤੇ ਨਾ ਹੀ ਉਹ ਜ਼ਨਾ ਕਰਦੇ ਹਨ ਅਤੇ ਜਿਹੜਾ ਕੋਈ ਅਜਿਹੇ ਕੰਮ ਕਰੇਗਾ ਉਸ ਨੂੰ ਗੁਨਾਹ ਦਾ ਬਦਲਾ ਮਿਲੇਗਾ ਪਰ ਜਿਸ ਨੇ ਤੌਬਾ ਕਰ ਲਈ ਉਸ ਨੂੰ ਸਜ਼ਾ ਨਹੀਂ ਅਤੇ ਸੂਰਹ ਅਲ ਜ਼ੁਮਰ ਦੀ ਇਹ ਆਇਤ ਵੀ ਨਾਜ਼ਿਲ ਹੋਈ, "ਹੇ ਰਸੂਲ! ਤੁਸੀਂ ਸਾਡੇ ਵੱਲੋਂ ਆਖ ਦਿਓ ਕਿ ਹੇ ਮੇਰੇ ਬੰਦਿਓ! ਜਿਨ੍ਹਾਂ ਨੇ ਵੀ ਪਾਪ ਕਰਕੇ ਆਪਣੀਆਂ ਜਾਨਾਂ ਨਾਲ ਵਧੀਕੀ ਕੀਤੀ ਹੈ, ਉਹ ਅੱਲਾਹ ਦੀਆਂ ਮਿਹਰਾਂ ਤੋਂ ਬੇ-ਆਸ ਨਾ ਹੋਣ"। (ਸਹੀ ਬੁਖ਼ਾਰੀ, ਹਦੀਸ: 4810, ਸਹੀ ਮੁਸਲਿਮ, ਹਦੀਸ: 122)

71 ਅਤੇ ਜਿਹੜਾ ਕੋਈ ਤੌਬਾ ਕਰੇ ਅਤੇ ਨੇਕ ਕੰਮ ਵੀ ਕਰੇ, ਬੇਸ਼ੱਕ ਉਹੀ ਤੌਬਾ ਕਰਦਾ ਹੈ ਜਿਵੇਂ ਤੌਬਾ ਕਰਨ ਦਾ ਹੱਕ ਹੈ।

وَمَنْ تَابَ وَعَمِلَ صَالِحًا فَإِنَّهُ يَتُوبُ إِلَى
اللَّهِ مَتَابًا ﴿٧١﴾

72 ਅਤੇ ਜਿਹੜੇ ਲੋਕੀ ਝੂਠੀ ਗਵਾਹੀ ਨਹੀਂ ਦਿੰਦੇ ਅਤੇ ਜਦੋਂ ਕਿਸੇ ਭੈੜੀ ਥਾਂ ਤੋਂ ਉਹਨਾਂ ਦਾ ਲੰਘਣਾ ਹੁੰਦਾ ਹੈ ਤਾਂ ਉਹ ਸ਼ਰਾਫ਼ਤ ਨਾਲ ਗੁਜ਼ਰ ਜਾਂਦੇ ਹਨ।

وَالَّذِينَ لَا يَشْهَدُونَ الزُّورَ وَإِذَا مَرُّوا بِاللَّغْوِ
مَرُّوا كِرَامًا ﴿٧٢﴾

73 ਜਦੋਂ ਉਹਨਾਂ ਨੂੰ ਉਹਨਾਂ ਦੇ ਰੱਬ ਦੇ ਕਲਾਮ (ਕੁਰਆਨ) ਦੀਆਂ ਆਇਤਾਂ ਸੁਣਾਈਆਂ ਜਾਂਦੀਆਂ ਹਨ ਤਾਂ ਉਹ ਉਹਨਾਂ ਉੱਤੇ ਅੰਨ੍ਹੇ ਤੇ ਬੋਲ਼ੇ ਬਣ ਕੇ ਨਹੀਂ ਰਹਿ ਜਾਂਦੇ (ਸਗੋਂ ਧਿਆਨ ਨਾਲ ਸੁਣਦੇ ਹਨ)।

وَالَّذِينَ إِذَا ذُكِّرُوا بِآيَاتِ رَبِّهِمْ لَمْ يَخِرُّوا
عَلَيْهَا صُمًّا وَعُمْيَانًا ﴿٧٣﴾

74. ਅਤੇ ਦੁਆ ਕਰਦੇ ਹਨ ਕਿ ਹੇ ਸਾਡੇ ਪਾਲਣਹਾਰ, ਤੂੰ ਸਾਡੀਆਂ ਪਤਨੀਆਂ ਅਤੇ ਔਲਾਦ ਵੱਲੋਂ ਸਾਡੀਆਂ ਅੱਖਾਂ ਨੂੰ ਠੰਡੀਆਂ ਰੱਖ ਅਤੇ ਸਾਨੂੰ ਪਰਹੇਜ਼ਗਾਰ ਲੋਕਾਂ ਦਾ ਆਗੂ ਬਣਾ।

وَالَّذِينَ يَقُولُونَ رَبَّنَا هَبْ لَنَا مِنْ أَزْوَاجِنَا وَذُرِّيَّاتِنَا
قُرَّةَ أَعْيُنٍ وَاجْعَلْنَا لِلْمُتَّقِينَ إِمَامًا ﴿٧٤﴾

75. ਇਹੋ ਉਹ ਲੋਕ ਹਨ ਜਿਨ੍ਹਾਂ ਨੂੰ ਉਹਨਾਂ ਦੇ ਸਬਰ (ਭਾਵ ਈਮਾਨ 'ਤੇ ਜੰਮੇ ਰਹਿਣ) ਦੇ ਬਦਲੇ ਸਵਰਗ ਵਿਚ ਉੱਚੀਆਂ-ਉੱਚੀਆਂ ਥਾਵਾਂ (ਮਹਿਲਾਂ ਦੇ ਰੂਪ ਵਿਚ) ਦਿੱਤੀਆਂ ਜਾਣਗੀਆਂ ਅਤੇ ਉੱਥੇ ਦੁਆ-ਸਲਾਮ ਨਾਲ ਉਹਨਾਂ ਦਾ ਸਵਾਗਤ ਹੋਵੇਗਾ।

أُولَٰئِكَ يُجْزَوْنَ الْغُرْفَةَ بِمَا صَبَرُوا وَيُلَقَّوْنَ
فِيهَا تَحِيَّةً وَسَلَامًا ﴿٧٥﴾

76. ਉਹ ਸਦਾ (ਉੱਥੇ ਹੀ ਰਹਿਣਗੇ ਅਤੇ ਉਹ (ਜੰਨਤ) ਬਹੁਤ ਹੀ ਵਧੀਆ ਨਿਵਾਸ ਸਥਾਨ ਹੈ।

خَالِدِينَ فِيهَا ۚ حَسُنَتْ مُسْتَقَرًّا وَمُقَامًا ﴿٧٦﴾

77. (ਹੇ ਨਬੀ!) ਆਖ ਦਿਓ ਕਿ (ਹੇ ਕਾਫ਼ਿਰੋ!) ਜੇਕਰ ਤੁਸੀਂ ਰੱਬ ਤੋਂ ਅਰਦਾਸਾਂ ਜਾਂ ਬੇਨਤੀਆਂ ਨਹੀਂ ਕਰਦੇ ਤਾਂ ਰੱਬ ਨੂੰ ਵੀ ਤੁਹਾਡੀ ਕੋਈ ਪਰਵਾਹ ਨਹੀਂ। ਤੁਸੀਂ ਤਾਂ (ਹੱਕ) ਦਾ ਇਨਕਾਰ ਕਰ ਹੀ ਚੁੱਕੇ ਹੋ, ਹੁਣ ਛੇਤੀ ਹੀ ਤੁਹਾਨੂੰ ਉਸ ਦਾ ਅਜ਼ਾਬ ਆਉਣ ਵਾਲਾ ਹੈ।

قُلْ مَا يَعْبَأُ بِكُمْ رَبِّي لَوْلَا دُعَاؤُكُمْ ۖ فَقَدْ كَذَّبْتُمْ
فَسَوْفَ يَكُونُ لِزَامًا ﴿٧٧﴾

26. ਸੂਰਤ ਅਸ਼-ਸ਼ੁਅਰਾ (ਮੱਕੀ-47)

سُوْرَةُ الشُّعَرَاۗءِ

(ਆਇਤਾਂ 227, ਰੁਕੂਅ 11)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਤਾ, ਸੀਨ, ਮੀਮ।

طٰسۗمّۗ ﴿١﴾

2 ਇਹ ਰੌਸ਼ਨ ਕਿਤਾਬ ਦੀਆਂ ਆਇਤਾਂ ਹਨ।

تِلْكَ اٰيٰتُ الْكِتٰبِ الْمُبِيْنِ ﴿٢﴾

3 (ਹੇ ਨਬੀ!) ਸ਼ਾਇਦ ਇਸ ਚਿੰਤਾ ਵਿਚ ਕਿ ਉਹ (ਮੱਕੇ ਦੇ) ਲੋਕ ਈਮਾਨ ਨਹੀਂ ਲਿਆਉਂਦੇ, ਤੁਸੀਂ ਆਪਣੇ ਆਪ ਨੂੰ ਹਲਾਕ ਹੀ ਨਾ ਕਰ ਦਿਓ।

لَعَلَّكَ بَاخِعٌ نَّفْسَكَ اَلَّا يَكُوْنُوْا مُؤْمِنِيْنَ ﴿٣﴾

4 ਜੇ ਅਸੀਂ ਚਾਹੀਏ ਤਾਂ ਅਕਾਸ਼ ਤੋਂ ਕੋਈ ਅਜਿਹੀ ਨਿਸ਼ਾਨੀ ਉਤਾਰ ਸਕਦੇ ਹਾਂ ਜਿਸ ਅੱਗੇ ਉਹਨਾਂ ਦੀਆਂ ਗਰਦਨਾਂ ਨੀਵੀਆਂ ਹੋ ਜਾਣ।

اِنْ نَّشَاْ نُنَزِّلْ عَلَيْهِمْ مِّنَ السَّمَاۗءِ اٰيَةً فَظَلَّتْ
اَعْنَاقُهُمْ لَهَا خٰضِعِيْنَ ﴿٤﴾

5 ਜਦੋਂ ਵੀ (ਉਹਨਾਂ ਲੋਕਾਂ ਕੋਲ) ਰਹਿਮਾਨ ਵੱਲੋਂ ਕੋਈ ਨਵੀਂ ਨਸੀਹਤ ਆਉਂਦੀ ਹੈ ਤਾਂ ਉਹ ਉਸ ਤੋਂ ਮੂੰਹ ਮੋੜ ਲੈਂਦੇ ਹਨ।

وَمَا يَاْتِيْهِمْ مِّنْ ذِكْرٍ مِّنَ الرَّحْمٰنِ مُحْدَثٍ
اِلَّا كَانُوْا عَنْهُ مُعْرِضِيْنَ ﴿٥﴾

6 ਉਹਨਾਂ ਲੋਕਾਂ ਨੇ ਇਸ (.ਕੁਰਆਨ) ਨੂੰ ਝੁਠਲਾਇਆ ਹੈ, ਹੁਣ ਛੇਤੀ ਹੀ ਉਹਨਾਂ ਨੂੰ ਪਤਾ ਲੱਗ ਜਾਵੇਗਾ (ਕਿ ਉਹ ਕੀ ਹੈ) ਜਿਸ ਦੀ ਇਹ ਖਿੱਲੀ ਉਡਾਉਂਦੇ ਹਨ।

فَقَدْ كَذَّبُوْا فَسَيَاْتِيْهِمْ اَنْۢبٰۗؤُا مَا كَانُوْا
بِهٖ يَسْتَهْزِءُوْنَ ﴿٦﴾

7. ਕੀ ਉਹਨਾਂ ਨੇ ਧਰਤੀ ਵੱਲ (ਗੌਹ ਨਾਲ) ਨਹੀਂ ਵੇਖਿਆ ਕਿ ਅਸੀਂ ਇਸ ਵਿਚ ਕਿੰਨੀਆਂ ਵਧੀਆ-ਵਧੀਆ ਚੀਜ਼ਾਂ ਉਗਾਈਆਂ ਹਨ।

اَوَلَمْ يَرَوْا اِلَى الْاَرْضِ كَمْ اَنْۢبَتْنَا فِيْهَا مِنْ كُلِّ
زَوْجٍ كَرِيْمٍ ﴿٧﴾

8. ਬੇਸ਼ੱਕ ਇਸ ਵਿਚ (ਅੱਲਾਹ ਦੀ) ਨਿਸ਼ਾਨੀ ਹੈ (ਪਰ ਫੇਰ ਵੀ) ਉਹਨਾਂ ਵਿੱਚੋਂ ਬਹੁਤੇ ਲੋਕ ਨਹੀਂ ਮੰਨਦੇ (ਈਮਾਨ ਨਹੀਂ ਲਿਆਉਂਦੇ)।

إِنَّ فِي ذَٰلِكَ لَآيَةً ۖ وَمَا كَانَ أَكْثَرُهُم مُّؤْمِنِينَ ﴿٨﴾

9. (ਹੇ ਮੁਹੰਮਦ!) ਬੇਸ਼ੱਕ ਤੇਰਾ ਰੱਬ ਡਾਢਾ ਜ਼ੋਰਾਵਰ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

وَإِنَّ رَبَّكَ لَهُوَ الْعَزِيزُ الرَّحِيمُ ﴿٩﴾

10. (ਅਤੇ ਉਸ ਵੇਲੇ ਨੂੰ ਯਾਦ ਕਰੋ) ਜਦੋਂ ਤੁਹਾਡੇ ਰੱਬ ਨੇ ਮੂਸਾ ਨੂੰ ਆਵਾਜ਼ ਦਿੱਤੀ ਸੀ ਕਿ ਜ਼ਾਲਮ ਕੌਮ ਵੱਲ ਜਾ।

وَإِذْ نَادَىٰ رَبُّكَ مُوسَىٰ أَنِ ائْتِ الْقَوْمَ الظَّالِمِينَ ﴿١٠﴾

11. ਯਾਨੀ ਫ਼ਿਰਔਨ ਦੀ ਕੌਮ ਕੋਲ (ਜਾ) ਕੀ ਉਹ ਰਬ ਤੋਂ ਡਰਦੇ ਨਹੀਂ?

قَوْمَ فِرْعَوْنَ ۚ أَلَا يَتَّقُونَ ﴿١١﴾

12. ਮੂਸਾ ਨੇ ਕਿਹਾ ਕਿ ਮੇਰੇ ਰੱਬਾ! ਮੈਂ ਇਸ ਗੱਲ ਤੋਂ ਡਰਦਾ ਹਾਂ ਕਿ ਉਹ ਮੈਨੂੰ ਝੁਠਲਾ ਦੇਣਗੇ।

قَالَ رَبِّ إِنِّي أَخَافُ أَن يُكَذِّبُونِ ﴿١٢﴾

13. ਮੇਰਾ ਦਮ ਘੁਟ ਰਿਹਾ ਹੈ ਤੇ ਨਾ ਹੀ ਮੈਥੋਂ ਚੰਗੀ ਤਰ੍ਹਾਂ ਬੋਲਿਆ ਜਾਂਦਾ ਹੈ। ਤੂੰ ਹਾਰੂਨ ਨੂੰ ਹੁਕਮ ਦੇ ਕਿ ਉਹ ਮੇਰੇ ਨਾਲ ਫ਼ਿਰਔਨ ਕੋਲ ਜਾਵੇ।

وَيَضِيقُ صَدْرِي وَلَا يَنطَلِقُ لِسَانِي فَأَرْسِلْ إِلَىٰ هَارُونَ ﴿١٣﴾

14. ਮੇਰੇ ਸਿਰ ਉਹਨਾਂ ਵੱਲੋਂ ਇਕ ਅਪਰਾਧ ਦਾ ਦੋਸ਼ ਵੀ ਹੈ, ਮੈਨੂੰ ਡਰ ਹੈ ਕਿ ਕਿਤੇ ਮੈਨੂੰ ਉਹ ਕਤਲ ਹੀ ਨਾ ਕਰ ਦੇਣ।

وَلَهُمْ عَلَيَّ ذَنبٌ فَأَخَافُ أَن يَقْتُلُونِ ﴿١٤﴾

15. ਅੱਲਾਹ ਨੇ ਆਖਿਆ ਕਿ ਉੱਕਾ ਨਹੀਂ (ਘਬਰਾਉਣਾ), ਤੁਸੀਂ ਦੋਵੇਂ (ਮੂਸਾ ਤੇ ਹਾਰੂਨ) ਮੇਰੀਆਂ ਨਿਸ਼ਾਨੀਆਂ ਲੈ ਕੇ ਜਾਓ। ਅਸਾਂ ਤੁਹਾਡੇ ਅੰਗ-ਸੰਗ ਸਭ ਕੁੱਝ ਸੁਣਦੇ ਹਾਂ।

قَالَ كَلَّا ۖ فَاذْهَبَا بِآيَاتِنَا ۖ إِنَّا مَعَكُم مُّسْتَمِعُونَ ﴿١٥﴾

16. ਸੋ ਤੁਸੀਂ ਫ਼ਿਰਔਨ ਕੋਲ ਜਾਓ ਅਤੇ ਆਖੋ ਕਿ ਅਸੀਂ ਸਾਰੇ ਜਹਾਨਾਂ ਦੇ ਰੱਬ ਦੇ ਰਸੂਲ ਹਾਂ।

فَأْتِيَا فِرْعَوْنَ فَقُولَا إِنَّا رَسُولُ رَبِّ الْعَالَمِينَ ﴿١٦﴾

17. (ਅਤੇ ਆਖੋ ਕਿ) ਬਨੀ-ਇਸਰਾਈਲ ਨੂੰ ਸਾਡੇ ਨਾਲ ਜਾਣ (ਲਈ ਅਜ਼ਾਦ ਕਰ) ਦੇ

أَنْ أَرْسِلْ مَعَنَا بَنِي إِسْرَائِيلَ ﴿١٧﴾

18. ਫ਼ਿਰਔਨ ਨੇ (ਮੂਸਾ ਨੂੰ) ਕਿਹਾ ਕੀ ਅਸੀਂ ਤੈਨੂੰ ਨਿੱਕੇ ਹੁੰਦੇ ਆਪਣੇ ਵਿਚਾਲੇ ਪਾਲਿਆ ਪੋਸਿਆ ਨਹੀਂ ਸੀ? ਅਤੇ ਤੂੰ ਆਪਣੀ ਉਮਰ ਦੇ ਕਈ ਵਰ੍ਹੇ ਸਾਡੇ ਵਿਚ ਨਹੀਂ ਸੀ ਲੰਘਾਏ?

قَالَ أَلَمْ نُرَبِّكَ فِينَا وَلِيدًا وَلَبِثْتَ فِينَا مِنْ عُمُرِكَ سِنِينَ ﴿١٨﴾

19. ਫੇਰ ਤੂੰ ਉਹ ਕੰਮ ਕਰ ਗਿਆ (ਭਾਵ ਇਕ ਬੰਦੇ ਨੂੰ ਕਤਲ ਕੀਤਾ) ਜਿਹੜਾ ਤੂੰ ਕਰਨਾ ਸੀ। ਤੂੰ ਤਾਂ ਇਕ ਨਾ-ਸ਼ੁਕਰਾ ਵਿਅਕਤੀ ਹੈਂ।

وَفَعَلْتَ فَعْلَتَكَ الَّتِي فَعَلْتَ وَأَنْتَ مِنَ الْكَافِرِينَ ﴿١٩﴾

20. ਮੂਸਾ ਨੇ ਉੱਤਰ ਦਿੱਤਾ ਕਿ ਮੈਥੋਂ ਉਹ (ਕਤਲ) ਉਸ ਸਮੇਂ ਹੋਇਆ ਸੀ, ਜਦੋਂ ਮੈਂ ਰਾਹ ਭੁੱਲੇ ਹੋਏ ਲੋਕਾਂ ਵਿੱਚੋਂ ਸੀ।

قَالَ فَعَلْتُهَا إِذًا وَأَنَا مِنَ الضَّالِّينَ ﴿٢٠﴾

21. ਅਤੇ ਮੈਂ ਤੁਹਾਡੇ ਡਰ ਕਾਰਨ ਤੁਹਾਡੇ ਕੋਲੋਂ ਨੱਸ ਗਿਆ ਸੀ, ਫੇਰ ਮੇਰੇ ਰੱਬ ਨੇ ਮੈਨੂੰ ਆਦੇਸ਼ ਤੇ ਗਿਆਨ ਨਾਲ ਬਖ਼ਸ਼ਿਆ ਅਤੇ ਮੈਨੂੰ ਪੈਗ਼ੰਬਰਾਂ ਵਿਚ ਸ਼ਾਮਲ ਕਰ ਲਿਆ।

فَفَرَرْتُ مِنْكُمْ لَمَّا خِفْتُكُمْ فَوَهَبَ لِي رَبِّي حُكْمًا وَجَعَلَنِي مِنَ الْمُرْسَلِينَ ﴿٢١﴾

22. ਕੀ ਮੇਰੇ ਉੱਤੇ ਤੇਰਾ ਇਹੋ ਅਹਿਸਾਨ ਹੈ, ਜਿਸ ਨੂੰ ਤੂੰ ਜਤਾ ਰਿਹਾ ਹੈਂ? (ਜਦ ਕਿ) ਬਨੀ ਇਸਰਾਈਲ (ਮੇਰੀ ਕੌਮ) ਨੂੰ ਤੂੰ ਗ਼ੁਲਾਮ ਬਣਾ ਛੱਡਿਆ ਹੈ।

وَتِلْكَ نِعْمَةٌ تَمُنُّهَا عَلَيَّ أَنْ عَبَّدْتَ بَنِي إِسْرَائِيلَ ﴿٢٢﴾

23. ਫ਼ਿਰਔਨ ਨੇ ਕਿਹਾ ਕਿ ਸਾਰੇ ਜਹਾਨਾਂ ਦਾ ਪਾਲਣਹਾਰ ਕੀ (ਚੀਜ਼) ਹੈ?

قَالَ فِرْعَوْنُ وَمَا رَبُّ الْعَالَمِينَ ﴿٢٣﴾

24. ਮੂਸਾ ਨੇ ਉੱਤਰ ਵਿਚ ਕਿਹਾ ਕਿ ਉਹ ਅਕਾਸ਼ ਤੇ ਧਰਤੀ ਵਿਚਾਲੇ ਹਰੇਕ ਚੀਜ਼ ਦਾ ਮਾਲਿਕ ਹੈ, ਜੇਕਰ ਤੁਸੀਂ ਵਿਸ਼ਵਾਸ ਕਰਨ ਵਾਲੇ ਹੋ ਤਾਂ ਕਰ ਲਓ)।

قَالَ رَبُّ السَّمَاوَاتِ وَالْأَرْضِ وَمَا بَيْنَهُمَا إِنْ كُنْتُمْ مُوقِنِينَ ﴿٢٤﴾

25. ਫ਼ਿਰਔਨ ਨੇ ਆਪਣੇ ਆਲੇ-ਦੁਆਲੇ ਬੈਠੇ ਲੋਕਾਂ ਨੂੰ ਕਿਹਾ ਕਿ ਕੀ ਤੁਸੀਂ ਸੁਣ ਰਹੇ ਹੋ (ਮੂਸਾ ਕੀ ਕਹਿ ਰਿਹਾ ਹੈ)?

قَالَ لِمَنْ حَوْلَهُ أَلَا تَسْتَمِعُونَ ﴿٢٥﴾

26. (ਮੂਸਾ ਨੇ ਹੋਰ) ਕਿਹਾ ਕਿ ਉਹ ਤੇਰਾ ਵੀ ਰੱਬ ਹੈ ਅਤੇ ਤੇਰੇ ਪਿਓ ਦਾਦਿਆਂ ਤੋਂ ਵੀ ਪਹਿਲਿਆਂ ਦਾ ਰੱਬ ਹੈ।

قَالَ رَبُّكُمْ وَرَبُّ آبَائِكُمُ الْأَوَّلِينَ (26)

27. (ਫ਼ਿਰਔਨ ਨੇ) ਦਰਬਾਰੀਆਂ ਨੂੰ ਕਿਹਾ ਕਿ ਇਹ ਪੈਗ਼ੰਬਰ ਜਿਹੜਾ ਤੁਹਾਡੇ ਵੱਲ ਭੇਜਿਆ ਗਿਆ ਹੈ ਇਹ ਤਾਂ ਝੱਲਾ ਲੱਗਦਾ ਹੈ।

قَالَ إِنَّ رَسُولَكُمُ الَّذِي أُرْسِلَ إِلَيْكُمْ لَمَجْنُونٌ (27)

28. (ਮੂਸਾ ਨੇ) ਕਿਹਾ ਕਿ (ਹੇ ਫ਼ਿਰਔਨ!) ਉਹੀਓ ਪੂਰਬ ਤੇ ਪੱਛਮ ਦਾ ਅਤੇ ਉਹਨਾਂ ਵਿਚਾਲੇ ਸਾਰੀਆਂ ਵਸਤੂਆਂ ਦਾ ਮਾਲਿਕ ਹੈ (ਸਮਝੋ) ਜੇ ਤੁਸੀਂ ਅਕਲ ਵਾਲੇ ਹੋ।

قَالَ رَبُّ الْمَشْرِقِ وَالْمَغْرِبِ وَمَا بَيْنَهُمَا إِن كُنتُمْ تَعْقِلُونَ (28)

29. ਉਸ (ਫ਼ਿਰਔਨ) ਨੇ (ਮੂਸਾ ਨੂੰ) ਧਮਕਾਉਂਦੇ ਹੋਏ ਕਿਹਾ ਕਿ ਜੇ ਤੂੰ ਮੈਥੋਂ ਛੁੱਟ ਕਿਸੇ ਹੋਰ ਨੂੰ ਇਸ਼ਟ ਬਣਾਇਆ ਤਾਂ ਮੈਂ ਤੈਨੂੰ ਕੈਦੀਆਂ ਵਿਚ ਸ਼ਾਮਲ ਕਰ ਦਿਆਂਗਾ।

قَالَ لَئِنِ اتَّخَذْتَ إِلَٰهًا غَيْرِي لَأَجْعَلَنَّكَ مِنَ الْمَسْجُونِينَ (29)

30. (ਮੂਸਾ) ਨੇਂ ਕਿਹਾ ਕਿ ਜੇ ਮੈਂ ਤੇਰੇ ਸਾਹਮਣੇ (ਆਪਣੇ ਰਸੂਲ ਹੋਣ ਦੀ) ਕੋਈ ਸਪਸ਼ਟ ਨਿਸ਼ਾਨੀ ਲੈ ਆਵਾਂ, ਕੀ ਫੇਰ ਵੀ (ਕੈਦ ਕਰੋਗੇ)?

قَالَ أَوَلَوْ جِئْتُكَ بِشَيْءٍ مُّبِينٍ (30)

31. ਕਿਹਾ (ਫ਼ਿਰਔਨ ਨੇ) ਕਿ ਜੇ ਤੂੰ ਸੱਚਾ ਹੈ ਤਾਂ ਮੈਨੂੰ ਉਸ (ਨਿਸ਼ਾਨੀ) ਨੂੰ ਵਿਖਾ।

قَالَ فَأْتِ بِهِ إِن كُنتَ مِنَ الصَّادِقِينَ (31)

32 ਮੂਸਾ ਨੇ (ਉਸੇ ਵੇਲੇ ਧਰਤੀ 'ਤੇ) ਆਪਣੀ ਲਾਠੀ ਸੁੱਟ ਦਿੱਤੀ ਜਿਹੜੀ ਅਚਨਚੇਤ ਇਕ ਸੱਪ ਦੇ ਰੂਪ ਵਿਚ ਆ ਗਈ।

فَأَلْقَىٰ عَصَاهُ فَإِذَا هِيَ ثُعْبَانٌ مُّبِينٌ (32)

33. ਅਤੇ ਜਦੋਂ ਆਪਣਾ ਹੱਥ (ਬਗ਼ਲੋਂ) ਕੱਢਿਆ ਤਾਂ ਦਰਸ਼ਕਾਂ ਨੂੰ ਉਹ ਉਸੇ ਵੇਲੇ ਲਿਸ਼ਕਾਰੇ ਮਾਰਦਾ ਹੋਇਆ ਵਿਖਾਈ ਦੇਣ ਲੱਗ ਪਿਆ।

وَنَزَعَ يَدَهُ فَإِذَا هِيَ بَيْضَاءُ لِلنَّاظِرِينَ (33)

34. ਫ਼ਿਰਔਨ ਆਪਣੇ ਆਲੇ ਦੁਆਲੇ ਬੈਠੇ ਸਰਦਾਰਾਂ ਨੂੰ ਕਹਿਣ ਲੱਗਿਆ ਕਿ ਇਹ ਤਾਂ ਕੋਈ ਬਹੁਤ ਵੱਡਾ ਜਾਦੂਗਰ ਹੈ।

قال للملا حوله ان هذا لسحر عليم ﴿٣٤﴾

35 ਉਹ ਆਪਣੇ ਜਾਦੂ ਦੇ ਜ਼ੋਰ ਨਾਲ ਤੁਹਾਨੂੰ ਤੁਹਾਡੀ ਧਰਤੀ (ਦੇਸ) ’ਚੋਂ ਕੱਢ ਦੇਣਾ ਚਾਹੁੰਦਾ ਹੈ, ਹੁਣ ਦੱਸੋ ਮੈਨੂੰ ਕੀ ਹੁਕਮ ਹੈ?

يريد ان يخرجكم من ارضكم بسحره
فماذا تامرون ﴿٣٥﴾

36 ਉਹਨਾਂ ਸਭ ਨੇਂ ਕਿਹਾ ਕਿ ਤੁਸੀਂ ਇਸ (ਮੂਸਾ) ਨੂੰ ਅਤੇ ਇਸ ਦੇ ਭਰਾ (ਹਾਰੂਨ) ਨੂੰ ਰੋਕੇ ਰੱਖੋ ਅਤੇ ਸਾਰੇ ਸ਼ਹਿਰਾਂ ਵਿਚ ਹਰਕਾਰੇ ਭੇਜ ਦਿਓ।

قالوا ارجه واخاه وابعث في المدائن
حشرين ﴿٣٦﴾

37. ਜਿਹੜੇ ਤੁਹਾਡੇ ਕੋਲ ਮਾਹਿਰ ਜਾਦੂਗਰਾਂ ਨੂੰ ਲਿਆਉਣ।

ياتوك بكل سحار عليم ﴿٣٧﴾

38 ਫੇਰ ਇਕ ਨਿਸ਼ਚਿਤ ਦਿਨ ਸਾਰੇ ਹੀ ਜਾਦੂਗਰ ਇਕੱਠਾ ਕੀਤੇ ਗਏ।

فجمع السحرة لميقات يوم معلوم ﴿٣٨﴾

39 ਅਤੇ ਆਮ ਲੋਕਾਂ ਨੂੰ ਵੀ ਕਿਹਾ ਗਿਆ ਕਿ ਤੁਸੀਂ ਸਾਰੇ ਵੀ ਆਈਓ।

وقيل للناس هل انتم مجتمعون ﴿٣٩﴾

40. ਤਾਂ ਜੋ ਜੇ ਜਾਦੂਗਰ ਕਾਮਯਾਬ ਹੋ ਜਾਣ ਤਾਂ ਅਸੀਂ ਉਹਨਾ ਦੀ ਪੈਰਵੀ ਕਰੀਏ।

لعلنا نتبع السحرة ان كانوا هم الغلبين ﴿٤٠﴾

41 ਜਾਦੂਗਰਾਂ ਨੇਂ ਫ਼ਿਰਔਨ ਨੂੰ ਆਖਿਆ ਕਿ ਜੇ ਅਸੀਂ ਜਿੱਤ ਗਏ ਤਾਂ ਸਾਨੂੰ ਇਨਾਮ ਵੀ ਮਿਲੇਗਾ?

فلما جاء السحرة قالوا لفرعون ائن لنا لاجرا
ان كنا نحن الغلبين ﴿٤١﴾

42 ਕਿਹਾ (ਫ਼ਿਰਔਨ ਨੇ) ਹਾਂ। ਅਜਿਹੀ ਹਾਲਤ ਵਿਚ ਤੁਸੀਂ ਮੇਰੇ ਖ਼ਾਸ ਦਰਬਾਰੀਆਂ ਵਿੱਚੋਂ ਹੋਵੋਗੇ।

قال نعم وانكم اذا لمن المقربين ﴿٤٢﴾

43. ਉਹਨਾਂ (ਜਾਦੂਗਰਾਂ) ਨੇ ਮੂਸਾ ਨੂੰ ਕਿਹਾ ਕਿ ਕਰੋ ਜੋ ਤੁਸੀਂ ਕਰਨਾ ਹੈ।

قال لهم موسى القوا ما انتم ملقون ﴿٤٣﴾

44. ਉਹਨਾਂ (ਜਾਦੂਗਰਾਂ) ਨੇ ਆਪਣੀਆਂ ਰੱਸੀਆਂ ਤੇ ਸੋਟੀਆਂ (ਜਾਦੂ ਲਈ) ਧਰਤੀ ’ਤੇ ਸੁੱਟ ਦਿੱਤੀਆਂ

فالقوا حبالهم وعصيهم وقالوا بعزة فرعون
انا لنحن الغلبون ﴿٤٤﴾

ਅਤੇ ਆਖਣ ਲੱਗੇ ਕਿ ਫ਼ਿਰਔਨ ਦੀ ਇੱਜ਼ਤ ਦੀ ਕਸਮ ਅਸੀਂ ਹੀ ਕਾਮਯਾਬ ਹੋਵਾਂਗੇ।

45. ਹੁਣ (ਮੂਸਾ ਨੇ ਵੀ ਆਪਣੀ ਸੋਟੀ ਮੈਦਾਨ ਵਿਚ ਸੁੱਟੀ ਜਿਸ ਨੇ ਉਸੇ ਵੇਲੇ ਉਹਨਾਂ (ਜਾਦੂਗਰਾਂ) ਦੇ ਝੂਠੇ ਕਰਤਬਾਂ ਨੂੰ ਨਿਗਲਣਾ ਸ਼ੁਰੂ ਕਰ ਦਿੱਤਾ।

فَأَلْقَىٰ مُوسَىٰ عَصَاهُ فَإِذَا هِيَ تَلْقَفُ
مَا يَأْفِكُونَ 45

46 ਇਹ ਵੇਖਦੇ ਹੀ ਜਾਦੂਗਰ ਬੇਕਾਬੂ ਹੋਕੇ ਸਿਜਦੇ ਵਿਚ ਡਿਗ ਪਏ।

فَأُلْقِيَ السَّحَرَةُ سَاجِدِينَ 46

47. ਅਤੇ ਉਹਨਾਂ ਨੇ ਸਾਫ਼ ਕਹਿ ਦਿੱਤਾ ਕਿ ਅਸੀਂ ਤਾਂ ਜਿਹੜਾ ਸਾਰੇ ਹੀ ਜਹਾਨਾਂ ਦਾ ਰੱਬ ਹੈ ਉਸ 'ਤੇ ਈਮਾਨ ਲਿਆਏ ਹਾਂ।

قَالُوا آمَنَّا بِرَبِّ الْعَالَمِينَ 47

48 ਭਾਵ ਉਹ ਰੱਬ ਜਿਸ ਨੂੰ ਮੂਸਾ ਤੇ ਹਾਰੂਨ ਮੰਨਦੇ ਹਨ।

رَبِّ مُوسَىٰ وَهَارُونَ 48

49. ਫ਼ਿਰਔਨ ਬੋਲਿਆ ਕਿ ਮੈਥੋਂ ਪੁੱਛਣ ਤੋਂ ਪਹਿਲਾਂ ਹੀ ਤੁਸੀਂ ਉਸ (ਮੂਸਾ ਦੇ ਰੱਬ) 'ਤੇ ਈਮਾਨ ਲਿਆਏ ਹੋ ਲਾਜ਼ਮਨ ਉਹ ਤੁਹਾਡਾ ਗੁਰੂ ਹੈ, ਜਿਸ ਨੇ ਤੁਹਾਨੂੰ ਜਾਦੂ ਸਿਖਾਇਆ ਹੈ। ਸੋ ਤੁਹਾਨੂੰ ਹੁਣੇ ਪਤਾ ਲੱਗ ਜਾਵੇਗਾ, ਮੈਂ ਤੁਹਾਡੇ ਹੱਥ-ਪੈਰ ਉਲਟੇ ਦਾਓ ਤੋਂ ਵਢਵਾ ਦੇਵਾਂਗਾ ਅਤੇ ਤੁਹਾਨੂੰ ਸਾਰਿਆਂ ਨੂੰ ਫਾਂਸੀ 'ਤੇ ਚਾੜ੍ਹ ਦੇਵਾਂਗਾ।

قَالَ آمَنتُمْ لَهُ قَبْلَ أَنْ آذَنَ لَكُمْ ۖ إِنَّهُ
لَكَبِيرُكُمُ الَّذِي عَلَّمَكُمُ السِّحْرَ فَلَسَوْفَ
تَعْلَمُونَ ۚ لَأُقَطِّعَنَّ أَيْدِيَكُمْ وَأَرْجُلَكُم مِّنْ
خِلَافٍ وَلَأُصَلِّبَنَّكُمْ أَجْمَعِينَ 49

50 ਉਹਨਾਂ (ਜਾਦੂਗਰਾਂ) ਨੇ ਕਿਹਾ ਕਿ ਚਿੰਤਾ ਵਾਲੀ ਕੋਈ ਗੱਲ ਨਹੀਂ, ਅਸੀਂ ਤਾਂ ਆਪਣੇ ਪਾਲਣਹਾਰ ਕੋਲ ਹੀ ਜਾਣਾ ਹੈ।

قَالُوا لَا ضَيْرَ ۖ إِنَّا إِلَىٰ رَبِّنَا مُنقَلِبُونَ 50

51 ਕਿਉਂ ਜੋ (ਤੇਰੀ ਕੌਮ ਵਿਚੋਂ)ਸਭ ਤੋਂ ਪਹਿਲਾਂ ਅਸੀਂ ਈਮਾਨ ਲਿਆਉਣ ਵਾਲੇ ਹਾਂ, ਸੋ ਸਾਨੂੰ ਆਸ ਹੈ ਕਿ ਸਾਡਾ ਰੱਬ ਸਾਡੀਆਂ ਗ਼ਲਤੀਆਂ ਨੂੰ ਮੁਆਫ਼ ਕਰੇਗਾ।

إِنَّا نَطْمَعُ أَن يَغْفِرَ لَنَا رَبُّنَا خَطَايَانَا أَن كُنَّا
أَوَّلَ الْمُؤْمِنِينَ 51

52. ਅਸੀਂ ਮੂਸਾ ਵੱਲ ਵਹੀ ਭੇਜੀ ਕਿ ਰਾਤੋ-ਰਾਤ ਮੇਰੇ ਬੰਦਿਆਂ ਨੂੰ ਇੱਥੋਂ ਲੈਕੇ ਨਿਕਲ ਜਾ, ਤੁਹਾਡਾ ਪਿੱਛਾ ਕੀਤਾ ਜਾਵੇਗਾ।

وَأَوْحَيْنَا إِلَىٰ مُوسَىٰ أَنْ أَسْرِ بِعِبَادِي إِنَّكُم مُّتَّبَعُونَ (52)

53. ਫ਼ਿਰਔਨ ਨੇ ਸ਼ਹਿਰਾਂ ਵਿਚ ਹਰਕਾਰੇ ਭੇਜ ਦਿੱਤੇ।

فَأَرْسَلَ فِرْعَوْنُ فِي الْمَدَائِنِ حَاشِرِينَ (53)

54. ਇਹ (ਦੱਸਣ ਲਈ) ਕਿ ਇਹ (ਈਮਾਨ ਲਿਆਉਣ ਵਾਲੇ) ਤਾਂ ਬਹੁਤ ਹੀ ਥੋੜ੍ਹੇ ਲੋਕ ਹਨ।

إِنَّ هَٰؤُلَاءِ لَشِرْذِمَةٌ قَلِيلُونَ (54)

55. ਉਹਨਾਂ (ਈਮਾਨ ਲਿਆਉਣ ਵਾਲਿਆਂ) ਨੇ ਸਾਨੂੰ ਬਾਹਲਾ ਗੁੱਸਾ ਚਾੜ੍ਹਿਆ ਹੈ।

وَإِنَّهُمْ لَنَا لَغَائِظُونَ (55)

56. ਅਸੀਂ ਹੀ ਵੱਡੀ ਗਿਣਤੀ ਵਿਚ ਹਾਂ, ਉਹਨਾਂ ਤੋਂ ਸਾਵਧਾਨ ਰਹਿਣ ਵਾਲੇ ਹਾਂ।

وَإِنَّا لَجَمِيعٌ حَاذِرُونَ (56)

57. ਅੰਤ ਅਸੀਂ ਉਹਨਾਂ (ਫ਼ਿਰਔਨੀਆਂ) ਨੂੰ ਬਾਗ਼ਾਂ ਤੇ ਚਸ਼ਮਿਆਂ ਵਿੱਚੋਂ ਕੱਢਿਆ।

فَأَخْرَجْنَاهُم مِّن جَنَّاتٍ وَعُيُونٍ (57)

58. ਅਤੇ ਖ਼ਜ਼ਾਨਿਆਂ ਤੋਂ ਤੇ ਉਹਨਾਂ ਦੇ ਸੁਹਣੇ ਨਿਵਾਸ-ਸਥਾਨ 'ਚੋਂ (ਵੀ ਕੱਢਿਆ)।

وَكُنُوزٍ وَمَقَامٍ كَرِيمٍ (58)

59. ਇਸ ਪ੍ਰਕਾਰ (ਫ਼ਿਰਔਨ ਨਾਲ) ਹੋਇਆ, (ਦੂਜੇ ਪਾਸੇ) ਅਸਾਂ ਉਹਨਾਂ ਦੀਆਂ ਸਾਰੀਆਂ ਚੀਜ਼ਾਂ ਦਾ ਵਾਰਸ ਬਨੀ-ਇਸਰਾਈਲ ਨੂੰ ਬਣਾ ਦਿੱਤਾ।

كَذَٰلِكَ وَأَوْرَثْنَاهَا بَنِي إِسْرَائِيلَ (59)

60. (ਫ਼ਿਰਔਨੀਆਂ ਨੇ) ਸੂਰਜ ਨਿਕਲਦੇ ਹੀ ਉਹਨਾਂ ਦਾ ਪਿੱਛਾ ਕੀਤਾ।

فَأَتْبَعُوهُم مُّشْرِقِينَ (60)

61. ਜਦੋਂ ਦੋਵਾਂ ਧਿਰਾਂ ਨੇ ਇਕ ਦੂਜੇ ਨੂੰ ਵੇਖ ਲਿਆ ਤਾਂ ਮੂਸਾ ਦੇ ਸਾਥੀਆਂ ਨੇ ਕਿਹਾ ਕਿ ਅਸੀਂ ਤਾਂ ਫੜੇ ਜਾਵਾਂਗੇ।

فَلَمَّا تَرَاءَى الْجَمْعَانِ قَالَ أَصْحَابُ مُوسَىٰ إِنَّا لَمُدْرَكُونَ (61)

62. ਮੂਸਾ ਨੇ ਕਿਹਾ ਕਿ ਉੱਕਾ ਨਹੀਂ, ਵਿਸ਼ਵਾਸ ਕਰੋ ਕਿ ਮੇਰਾ ਰੱਬ ਮੇਰੇ ਨਾਲ ਹੈ, ਜਿਹੜਾ ਮੈਨੂੰ ਲਾਜ਼ਮੀ (ਬਚਣ ਦੀ) ਰਾਹ ਵਿਖਾਵੇਗਾ।

قَالَ كَلَّا ۖ إِنَّ مَعِيَ رَبِّي سَيَهْدِينِ (62)

63. ਅਸੀਂ ਮੂਸਾ ਵੱਲ ਵਹੀ (ਸੰਦੇਸ਼) ਭੇਜੀ ਕਿ ਸਮੁੰਦਰ ਉੱਤੇ ਆਪਣੀ ਸੋਟੀ ਮਾਰ, ਉਹ ਉਸੇ ਵੇਲੇ ਪਾਟ ਗਿਆ ਅਤੇ ਪਾਣੀ ਦਾ ਹਰੇਕ ਭਾਗ ਇਕ ਪਹਾੜ ਵਾਂਗ ਹੋ ਗਿਆ।

فَأَوْحَيْنَا إِلَىٰ مُوسَىٰ أَنِ اضْرِب بِّعَصَاكَ الْبَحْرَ ۖ فَانفَلَقَ فَكَانَ كُلُّ فِرْقٍ كَالطَّوْدِ الْعَظِيمِ ﴿٦٣﴾

64. ਅਤੇ ਅਸੀਂ ਦੂਜੇ ਧੜੇ (ਫ਼ਿਰਔਨੀਆਂ) ਨੂੰ (ਸਮੁੰਦਰ ਦੇ) ਨੇੜੇ ਲੈ ਆਏ।

وَأَزْلَفْنَا ثَمَّ الْآخَرِينَ ﴿٦٤﴾

65. ਅਤੇ ਮੂਸਾ ਨੂੰ ਅਤੇ ਉਸ ਦੇ ਸਾਥੀਆਂ ਨੂੰ ਬਚਾ ਲਿਆ।

وَأَنجَيْنَا مُوسَىٰ وَمَن مَّعَهُ أَجْمَعِينَ ﴿٦٥﴾

66. ਅਤੇ ਦੂਜੇ (ਫ਼ਿਰਔਨੀ) ਸਾਰੇ ਡੋਬ ਦਿੱਤੇ।

ثُمَّ أَغْرَقْنَا الْآخَرِينَ ﴿٦٦﴾

67. ਬੇਸ਼ੱਕ ਇਸ (ਘਟਨਾ) ਵਿਚ ਬਹੁਤ ਵੱਡੀ ਸਿੱਖਿਆ ਹੈ, ਫੇਰ ਵੀ ਬਹੁਤੇ ਲੋਕੀ ਈਮਾਨ ਨਹੀਂ ਲਿਆਉਂਦੇ।

إِنَّ فِي ذَٰلِكَ لَآيَةً ۖ وَمَا كَانَ أَكْثَرُهُم مُّؤْمِنِينَ ﴿٦٧﴾

68. ਬੇਸ਼ੱਕ ਤੁਹਾਡਾ ਪਾਲਣਹਾਰ ਬਹੁਤ ਹੀ ਜ਼ੋਰਾਵਰ ਅਤੇ ਮਿਹਰਬਾਨ ਹੈ।

وَإِنَّ رَبَّكَ لَهُوَ الْعَزِيزُ الرَّحِيمُ ﴿٦٨﴾

69. (ਹੇ ਨਬੀ!) ਉਹਨਾਂ ਨੂੰ ਇਬਰਾਹੀਮ ਦਾ ਕਿੱਸਾ ਵੀ ਸੁਣਾਓ।

وَاتْلُ عَلَيْهِمْ نَبَأَ إِبْرَاهِيمَ ﴿٦٩﴾

70. ਜਦੋਂ ਉਸ ਨੇ ਆਪਣੇ ਪਿਤਾ ਤੇ ਆਪਣੀ ਕੌਮ ਤੋਂ ਪੁੱਛਿਆ ਸੀ ਕਿ ਤੁਸੀਂ ਕੀ ਪੂਜਦੇ ਹੋ?

إِذْ قَالَ لِأَبِيهِ وَقَوْمِهِ مَا تَعْبُدُونَ ﴿٧٠﴾

71. ਉਹਨਾਂ ਨੇ ਜਵਾਬ ਵਿਚ ਕਿਹਾ ਕਿ ਅਸੀਂ ਬੁੱਤਾਂ ਨੂੰ ਪੂਜਦੇ ਹਾਂ ਅਤੇ ਉਹਨਾਂ ਦੇ ਹੀ ਪੁਜਾਰੀ ਰਹਾਂਗੇ।

قَالُوا نَعْبُدُ أَصْنَامًا فَنَظَلُّ لَهَا عَاكِفِينَ ﴿٧١﴾

72. ਇਬਰਾਹੀਮ ਨੇ ਕਿਹਾ ਕਿ ਜਦੋਂ ਤੁਸੀਂ ਉਹਨਾਂ ਨੂੰ ਪੁਕਾਰਦੇ ਹੋ ਤਾਂ ਕੀ ਇਹ ਸੁਣਦੇ ਵੀ ਹਨ?

قَالَ هَلْ يَسْمَعُونَكُمْ إِذْ تَدْعُونَ ﴿٧٢﴾

73. ਜਾਂ ਤੁਹਾਨੂੰ ਕੋਈ ਨਫ਼ਾ ਜਾਂ ਨੁਕਸਾਨ ਵੀ ਪਹੁੰਚਾ ਸਕਦੇ ਹਨ?

أَوْ يَنفَعُونَكُمْ أَوْ يَضُرُّونَ ﴿٧٣﴾

74 ਉਹਨਾਂ ਨੇ ਕਿਹਾ ਕਿ ਅਸੀਂ ਤਾਂ ਆਪਣੇ ਬਜ਼ੁਰਗਾਂ ਨੂੰ ਇੰਜ ਹੀ ਕਰਦੇ ਵੇਖਿਆ ਹੈ।

قَالُوا بَلْ وَجَدْنَا آبَاءَنَا كَذَٰلِكَ يَفْعَلُونَ (74)

75. ਇਬਰਾਹੀਮ ਨੇ ਕਿਹਾ, ਜਿਨ੍ਹਾਂ ਨੂੰ ਤੁਸੀਂ ਪੂਜਦੇ ਹੋ, ਕੀ ਤੁਸੀਂ ਉਹਨਾਂ ਨੂੰ ਵੇਖਿਆ ਵੀ ਹੈ?

قَالَ أَفَرَأَيْتُم مَّا كُنتُمْ تَعْبُدُونَ (75)

76 (ਅਤੇ ਕਿਹਾ ਕਿ) ਤੁਸੀਂ ਅਤੇ ਤੁਹਾਡੇ ਪਿਓ ਦਾਦਾ ਜਿਨ੍ਹਾਂ ਨੂੰ ਪੂਜਦੇ ਹੋ।

أَنتُمْ وَآبَاؤُكُمُ الْأَقْدَمُونَ (76)

77. ਛੁੱਟ ਸਾਰੇ ਜਹਾਨਾਂ ਦੇ ਪਾਲਣਹਾਰ ਤੋਂ, ਉਹ (ਸਾਰੇ ਇਸ਼ਟ) ਮੇਰੇ ਵੈਰੀ ਹਨ।

فَإِنَّهُمْ عَدُوٌّ لِّي إِلَّا رَبَّ الْعَالَمِينَ (77)

78. ਜਿਸ ਨੇ ਮੈਨੂੰ ਪੈਦਾ ਕੀਤਾ ਹੈ ਉਹੀਓ ਮੇਰੀ ਅਗਵਾਈ ਕਰਦਾ ਹੈ।

الَّذِي خَلَقَنِي فَهُوَ يَهْدِينِ (78)

79 ਉਹੀਓ ਮੈਨੂੰ ਖੁਆਉਂਦਾ-ਪਿਆਉਂਦਾ ਹੈ।

وَالَّذِي هُوَ يُطْعِمُنِي وَيَسْقِينِ (79)

80 ਜਦੋਂ ਮੈਂ ਬੀਮਾਰ ਹੁੰਦਾ ਹਾਂ ਤਾਂ ਉਹੀਓ ਮੈਨੂੰ ਸਵਸਥ ਕਰਦਾ ਹੈ।

وَإِذَا مَرِضْتُ فَهُوَ يَشْفِينِ (80)

81 ਉਹੀਓ ਮੈਨੂੰ ਮੌਤ ਦੇਵੇਗਾ ਫੇਰ ਮੈਨੂੰ ਮੁੜ ਜਿਊਂਦੇ ਕਰੇਗਾ।

وَالَّذِي يُمِيتُنِي ثُمَّ يُحْيِينِ (81)

82. ਉਹੀਓ ਹੈ ਜਿਸ ਤੋਂ ਮੈਂ ਆਸ ਰਖਦਾ ਹਾਂ ਕਿ ਬਦਲੇ ਵਾਲੇ ਦਿਨ ਮੇਰੇ ਗੁਨਾਹਾਂ ਨੂੰ ਮੁਆਫ਼ ਕਰ ਦੇਵੇਗਾ।

وَالَّذِي أَطْمَعُ أَن يَغْفِرَ لِي خَطِيئَتِي
يَوْمَ الدِّينِ (82)

83 ਹੇ ਮੇਰੇ ਰੱਬਾ! ਮੈਨੂੰ ਹਿਕਮਤ (ਸੂਝ-ਬੂਝ) ਦੀ ਦਾਤ ਬਖ਼ਸ਼ ਅਤੇ ਮੈਨੂੰ ਨੇਕ ਲੋਕਾਂ ਵਿਚ ਸ਼ਾਮਲ ਕਰ ਲੈ।

رَبِّ هَبْ لِي حُكْمًا وَأَلْحِقْنِي بِالصَّالِحِينَ (83)

84. ਅਤੇ ਮੇਰੀ ਚਰਚਾ ਆਉਣ ਵਾਲੇ ਲੋਕਾਂ ਵਿਚ ਵੀ ਬਾਕੀ ਰਵ੍ਹੇ

وَاجْعَل لِّي لِسَانَ صِدْقٍ فِي الْآخِرِينَ (84)

85. ਮੈਨੂੰ ਨਿਅਮਤਾਂ ਵਾਲੀ ਜੰਨਤਾਂ ਦਾ ਵਾਰਿਸ

وَاجْعَلْنِي مِن وَرَثَةِ جَنَّةِ النَّعِيمِ (85)

86. ਮੇਰੇ ਪਿਤਾ ਨੂੰ ਬਖਸ਼ ਦੇ ਉਹ ਗੁਮਰਾਹ ਲੋਕਾਂ ਵਿੱਚੋਂ ਸੀ।

وَاغْفِرْ لِأَبِي إِنَّهُ كَانَ مِنَ الضَّالِّينَ ﴿٨٦﴾

87. ਜਦੋਂ (ਸਾਰੇ) ਲੋਕੀ ਮੁੜ ਜਿਊਂਦੇ ਕੀਤੇ ਜਾਣਗੇ (ਉਸ ਦਿਨ) ਮੈਨੂੰ ਜ਼ਲੀਲ ਨਾ ਕਰੀਂ।

وَلَا تُخْزِنِي يَوْمَ يُبْعَثُونَ ﴿٨٧﴾

88 ਜਿਸ ਦਿਨ ਮਾਲ ਤੇ ਔਲਾਦ ਕਿਸੇ ਕੰਮ ਨਹੀਂ ਆਵੇਗੀ।

يَوْمَ لَا يَنْفَعُ مَالٌ وَلَا بَنُونَ ﴿٨٨﴾

89. ਛੁੱਟ ਉਸ ਤੋਂ ਕਿ ਕੋਈ ਵਿਅਕਤੀ ਨਿਰਮਲ-ਚਿੱਤ ਲੈਕੇ ਅੱਲਾਹ ਦੇ ਹਜ਼ੂਰ ਪੇਸ਼ ਹੋਵੇ।

إِلَّا مَنْ أَتَى اللَّهَ بِقَلْبٍ سَلِيمٍ ﴿٨٩﴾

90 ਅਤੇ ਜੰਨਤ ਪਰਹੇਜ਼ਗਾਰਾਂ ਦੇ ਨੇੜੇ ਕਰ ਦਿੱਤੀ ਜਾਵੇਗੀ।

وَأُزْلِفَتِ الْجَنَّةُ لِلْمُتَّقِينَ ﴿٩٠﴾

91. ਅਤੇ ਗੁਮਰਾਹ ਲੋਕਾਂ ਲਈ ਨਰਕ ਪ੍ਰਗਟ ਕੀਤੀ ਜਾਵੇਗੀ।

وَبُرِّزَتِ الْجَحِيمُ لِلْغَاوِينَ ﴿٩١﴾

92. ਅਤੇ ਉਹਨਾਂ ਤੋਂ ਪੁੱਛਿਆ ਜਾਵੇਗਾ ਕਿ ਜਿਨ੍ਹਾਂ ਦੀ ਪੂਜਾ ਤੁਸੀਂ ਕਰਦੇ ਸੀ ਉਹ ਕਿੱਥੇ ਹਨ?

وَقِيلَ لَهُمْ أَيْنَمَا كُنْتُمْ تَعْبُدُونَ ﴿٩٢﴾

93. ਕੀ ਅੱਲਾਹ ਤੋਂ ਛੁੱਟ (ਇਸ਼ਟ) ਤੁਹਾਡੀ ਸਹਾਇਤਾ ਕਰ ਸਕਦੇ ਹਨ? ਜਾਂ ਉਹ (ਤੁਹਾਡੀ ਸਜ਼ਾ) ਦਾ ਬਦਲਾ ਲੈ ਸਕਦੇ ਹਨ?

مِنْ دُونِ اللَّهِ هَلْ يَنْصُرُونَكُمْ أَوْ يَنْتَصِرُونَ ﴿٩٣﴾

94. ਫਿਰ ਉਹ ਸਾਰੇ ਕੁਰਾਹੇ ਪਏ ਲੋਕ ਨਰਕ ਵਿਚ ਮੁੱਧੇ ਮੂੰਹ ਸੁੱਟੇ ਜਾਣਗੇ।

فَكُبْكِبُوا فِيهَا هُمْ وَالْغَاوُونَ ﴿٩٤﴾

95. ਅਤੇ ਇਬਲੀਸ (ਸ਼ੈਤਾਨ) ਦੇ ਸਾਰੇ ਦੇ ਸਾਰੇ ਲਸ਼ਕਰ ਵੀ (ਸੁੱਟੇ ਜਾਣਗੇ)।

وَجُنُودُ إِبْلِيسَ أَجْمَعُونَ ﴿٩٥﴾

96 ਉੱਥੇ ਉਹ ਆਪੋ ਵਿਚ ਲੜਦੇ ਝਗੜਦੇ ਹੋਏ ਆਪਣੇ ਈਸ਼ਟਾਂ ਨੂੰ ਆਖਣਗੇ।

قَالُوا وَهُمْ فِيهَا يَخْتَصِمُونَ ﴿٩٦﴾

97. ਕਿ ਅੱਲਾਹ ਦੀ ਸੌਂਹ ਅਸੀਂ ਤਾਂ ਸਪਸ਼ਟ ਕੁਰਾਹੀਏ ਸਾਂ।

تَاللَّهِ إِنْ كُنَّا لَفِي ضَلَالٍ مُبِينٍ ﴿٩٧﴾

98. ਜਦੋਂ ਅਸੀਂ ਤੁਹਾਨੂੰਸਾਰੇ ਜਹਾਨਾਂ ਦੇ ਰੱਬ ਬਰਾਬਰ ਸਮਝ ਬੈਠੇ ਸੀ

إِذْ نُسَوِّيكُم بِرَبِّ الْعَالَمِينَ (98)

99. ਸਾਨੂੰ ਤਾਂ ਉਹਨਾਂ ਅਪਰਾਧੀਆਂ ਨੇ ਗੁਮਰਾਹ ਕੀਤਾ ਸੀ।

وَمَا أَضَلَّنَا إِلَّا الْمُجْرِمُونَ (99)

100. ਹੁਣ ਸਾਡਾ ਕੋਈ ਵੀ ਸਿਫ਼ਾਰਸ਼ੀ ਨਹੀਂ।

فَمَا لَنَا مِن شَافِعِينَ (100)

101. ਅਤੇ ਨਾ ਹੀ ਕੋਈ ਸੱਚਾ ਦੋਸਤ ਹੈ।

وَلَا صَدِيقٍ حَمِيمٍ (101)

102. ਕਾਸ਼ ਕਿ ਸਾਡੀ ਇਕ ਵਾਰ ਫੇਰ ਸੰਸਾਰ ਵਿਚ ਵਾਪਸੀ ਹੋ ਜਾਵੇ ਤਾਂ ਜੋ ਅਸੀਂ ਵੀ ਮੋਮਿਨਾਂ ਵਿੱਚੋਂ ਹੋ ਜਾਈਏ।

فَلَوْ أَنَّ لَنَا كَرَّةً فَنَكُونَ مِنَ الْمُؤْمِنِينَ (102)

103 ਬੇਸ਼ੱਕ ਇਸ ਵਿਚ ਬਹੁਤ ਹੀ ਵੱਡੀ ਨਿਸ਼ਾਨੀ ਹੈ, ਫੇਰ ਵੀ ਉਹਨਾਂ ਵਿੱਚੋਂ ਬਹੁਤੇ ਲੋਕ ਈਮਾਨ ਲਿਆਉਣ ਵਾਲੇ ਨਹੀਂ।

إِنَّ فِي ذَٰلِكَ لَآيَةً ۖ وَمَا كَانَ أَكْثَرُهُم
مُّؤْمِنِينَ (103)

104. ਬੇਸ਼ੱਕ ਤੁਹਾਡਾ ਰੱਬ ਹੀ ਜ਼ੋਰਾਵਰ ਤੇ ਮਿਹਰਬਾਨ ਹੈ।

وَإِنَّ رَبَّكَ لَهُوَ الْعَزِيزُ الرَّحِيمُ (104)

105. ਨੂਹ ਦੀ ਕੌਮ ਨੇ ਵੀ ਨਬੀਆਂ ਦਾ ਇਨਕਾਰ ਕੀਤਾ।

كَذَّبَتْ قَوْمُ نُوحٍ الْمُرْسَلِينَ (105)

106. ਜਦੋਂ ਉਹਨਾਂ ਦੇ ਹੀ ਇਕ ਭਰਾ ਨੂਹ ਨੇ ਕਿਹਾ, ਕੀ ਤੁਸੀਂ ਰੱਬ ਤੋਂ ਡਰਦੇ ਨਹੀਂ?

إِذْ قَالَ لَهُمْ أَخُوهُمْ نُوحٌ أَلَا تَتَّقُونَ (106)

107. ਬੇਸ਼ੱਕ ਮੈਂ ਅੱਲਾਹ ਵੱਲੋਂ ਤੁਹਾਡੇ ਲਈ ਇਕ ਅਮਾਨਤਦਾਰ ਰਸੂਲ ਹਾਂ।

إِنِّي لَكُمْ رَسُولٌ أَمِينٌ (107)

108. ਸੋ ਤੁਸੀਂ ਅੱਲਾਹ ਤੋਂ ਡਰੋ ਅਤੇ ਮੇਰੀ ਤਾਬੇਦਾਰੀ ਕਰੋ।

فَاتَّقُوا اللَّهَ وَأَطِيعُونِ (108)

109 ਮੈਂ ਤੁਹਾਥੋਂ ਇਸ (ਧਰਮ ਪ੍ਰਚਾਰ) ਲਈ ਕੋਈ ਬਦਲਾ ਨਹੀਂ ਚਾਹੁੰਦਾ, ਮੇਰਾ ਬਦਲਾ ਤਾਂ ਸਾਰੇ ਜਹਾਨਾਂ ਦੇ ਰੱਬ ਦੇ ਜ਼ਿੰਮੇ ਹੈ।

وَمَا أَسْأَلُكُمْ عَلَيْهِ مِنْ أَجْرٍ ۖ إِنْ أَجْرِيَ إِلَّا عَلَىٰ
رَبِّ الْعَالَمِينَ (109)

فَاتَّقُوا اللَّهَ وَأَطِيعُونِ ﴿110﴾

110. ਸੋ ਤੁਸੀਂ ਅੱਲਾਹ ਤੋਂ ਡਰੋ ਅਤੇ ਮੇਰੀ ਪੈਰਵੀ ਕਰੋ।

قَالُوا أَنُؤْمِنُ لَكَ وَاتَّبَعَكَ الْأَرْذَلُونَ ﴿111﴾

111. (ਕੌਮ ਨੇ) ਕਿਹਾ ਕਿ ਕੀ ਅਸੀਂ ਤੇਰੇ 'ਤੇ ਈਮਾਨ ਲਿਆਈਏ? ਤੇਰੀ ਤਾਬੇਦਾਰੀ ਤਾਂ ਨੀਚ ਲੋਕ ਹੀ ਕਰਨਗੇ।

قَالَ وَمَا عِلْمِي بِمَا كَانُوا يَعْمَلُونَ ﴿112﴾

112. ਨੂਹ ਨੇ ਕਿਹਾ ਕਿ ਮੈਂ ਨਹੀਂ ਜਾਣਦਾ ਕਿ ਪਹਿਲਾਂ ਇਹ ਲੋਕ ਕੀ ਕਰਦੇ ਰਹੇ ਹਨ?

إِنْ حِسَابُهُمْ إِلَّا عَلَىٰ رَبِّي لَوْ تَشْعُرُونَ ﴿113﴾

113 ਉਸ ਦਾ ਹਿਸਾਬ ਲੈਣਾ ਮੇਰੇ ਰੱਬ ਜ਼ਿੰਮੇ ਹੈ, ਕਿੰਨਾ ਚੰਗਾ ਹੋਵੇ ਜੇ ਤੁਹਾਨੂੰ ਅਕਲ-ਸਮਝ ਹੋਵੇ।

وَمَا أَنَا بِطَارِدِ الْمُؤْمِنِينَ ﴿114﴾

114. ਮੈਂ ਈਮਾਨ ਵਾਲਿਆਂ ਨੂੰ ਧੱਕੇ ਨਹੀਂ ਦੇਵਾਂਗਾ।

إِنْ أَنَا إِلَّا نَذِيرٌ مُبِينٌ ﴿115﴾

115. ਮੈਂ ਤਾਂ ਸਪਸ਼ਟ ਰੂਪ ਵਿਚ ਡਰਾਉਣ ਵਾਲਾ ਹਾਂ।

قَالُوا لَئِنْ لَمْ تَنْتَهِ يَا نُوحُ لَتَكُونَنَّ
مِنَ الْمَرْجُومِينَ ﴿116﴾

116 ਉਹਨਾਂ ਨੇ ਕਿਹਾ ਕਿ ਹੇ ਨੂਹ! ਜੇ ਤੂੰ ਬਾਜ਼ ਨਾ ਆਇਆ ਤਾਂ ਅਸੀਂ ਤੈਨੂੰ ਪੱਥਰ ਮਾਰ-ਮਾਰ ਕੇ ਮਾਰ ਦਿਆਂਗੇ।

قَالَ رَبِّ إِنَّ قَوْمِي كَذَّبُونِ ﴿117﴾

117. (ਨੂਹ ਨੇ) ਕਿਹਾ ਕਿ ਹੇ ਮੇਰੇ ਰੱਬਾ! ਮੇਰੀ ਕੌਮ ਨੇ ਮੈਨੂੰ ਮੰਨਣ ਤੋਂ ਨਾ ਕਰ ਦਿੱਤੀ ਹੈ।

فَافْتَحْ بَيْنِي وَبَيْنَهُمْ فَتْحًا وَنَجِّنِي وَمَنْ مَعِيَ
مِنَ الْمُؤْمِنِينَ ﴿118﴾

118. ਹੁਣ ਤੂੰ ਮੇਰੇ ਅਤੇ ਉਹਨਾਂ ਵਿਚਕਾਰ ਫ਼ੈਸਲਾ ਕਰਦੇ ਅਤੇ ਮੈਨੂੰ ਅਤੇ ਮੇਰੇ ਈਮਾਨ ਵਾਲੇ ਸਾਥੀਆਂ ਨੂੰ ਬਚਾ ਲੈ।

فَأَنْجَيْنَاهُ وَمَنْ مَعَهُ فِي الْفُلْكِ الْمَشْحُونِ ﴿119﴾

119. ਸੋ ਅਸੀਂ ਉਸ (ਨੂਹ) ਨੂੰ ਅਤੇ ਉਸ ਦੇ (ਮੋਮਿਨ) ਸਾਥੀਆਂ ਨੂੰ ਭਰੀ ਹੋਈ ਕਿਸ਼ਤੀ ਵਿਚ (ਸਵਾਰ ਕਰਕੇ) ਬਚਾ ਲਿਆ।

ثُمَّ أَغْرَقْنَا بَعْدُ الْبَاقِينَ ﴿120﴾

120 ਉਸ ਤੋਂ ਮਗਰੋਂ ਬਾਕੀ ਸਾਰੇ ਹੀ ਲੋਕਾਂ ਨੂੰ ਅਸੀਂ ਡੋਬ ਦਿੱਤਾ।

121 ਬੇਸ਼ੱਕ ਇਸ ਘਟਨਾ ਵਿਚ ਬਹੁਤ ਵੱਡੀ ਸਿੱਖਿਆ ਹੈ ਪਰ ਫੇਰ ਵੀ ਉਹਨਾਂ ਵਿੱਚੋਂ ਬਹੁਤੇ ਲੋਕ ਈਮਾਨ ਨਹੀਂ ਲਿਆਏ।

إِنَّ فِي ذَٰلِكَ لَآيَةً ۖ وَمَا كَانَ أَكْثَرُهُم مُّؤْمِنِينَ ﴿121﴾

122. ਬੇਸ਼ੱਕ ਤੁਹਾਡਾ ਪਾਲਣਹਾਰ ਉਹੀਓ ਹੈ ਜਿਹੜਾ ਸਭ ਤੋਂ ਵੱਧ ਜ਼ੋਰਾਵਰ ਤੇ ਮਿਹਰਾਂ ਕਰਨ ਵਾਲਾ ਹੈ।

وَإِنَّ رَبَّكَ لَهُوَ الْعَزِيزُ الرَّحِيمُ ﴿122﴾

123 ਆਦੀਆਂ ਨੇ ਵੀ ਰਸੂਲਾਂ ਨੂੰ ਝੁਠਲਾਇਆ ਸੀ।

كَذَّبَتْ عَادٌ الْمُرْسَلِينَ ﴿123﴾

124. ਜਦੋਂ ਉਹਨਾਂ ਦੇ ਹੀ ਭਰਾ ਹੂਦ ਨੇ ਕਿਹਾ ਸੀ, ਕੀ ਤੁਸੀਂ (ਰੱਬ ਦੇ ਅਜ਼ਾਬ ਤੋਂ) ਡਰਦੇ ਨਹੀਂ?

إِذْ قَالَ لَهُمْ أَخُوهُمْ هُودٌ أَلَا تَتَّقُونَ ﴿124﴾

125 ਮੈਂ ਤੁਹਾਡੇ ਲਈ ਅਮਾਨਤਦਾਰ ਪੈਗ਼ੰਬਰ ਹਾਂ।

إِنِّي لَكُمْ رَسُولٌ أَمِينٌ ﴿125﴾

126. ਸੋ ਤੁਸੀਂ ਰੱਬ ਤੋਂ ਡਰੋ ਅਤੇ ਮੇਰੇ ਆਖੇ ਲੱਗੋ।

فَاتَّقُوا اللَّهَ وَأَطِيعُونِ ﴿126﴾

127 ਮੈਂ ਇਸ (ਅਗਵਾਈ) ਲਈ ਤੁਹਾਥੋਂ ਕੁੱਝ ਬਦਲਾ ਨਹੀਂ ਚਾਹੁੰਦਾ, ਮੇਰਾ ਬਦਲਾ ਤਾਂ ਸਾਰੇ ਜਹਾਨਾਂ ਦੇ ਪਾਲਣਹਾਰ ਦੇ ਜ਼ਿੰਮੇ ਹੈ।

وَمَا أَسْأَلُكُمْ عَلَيْهِ مِنْ أَجْرٍ ۖ إِنْ أَجْرِيَ
إِلَّا عَلَىٰ رَبِّ الْعَالَمِينَ ﴿127﴾

128. ਕੀ ਤੁਸੀਂ ਹਰੇਕ ਉੱਚੀ ਥਾਂ 'ਤੇ ਵਿਅਰਥ ਖੇਡ ਵਜੋਂ ਯਾਦਗਾਰਾਂ ਬਣਾ ਰਹੇ ਹੋ।

أَتَبْنُونَ بِكُلِّ رِيعٍ آيَةً تَعْبَثُونَ ﴿128﴾

129 ਤੁਸੀਂ ਮਜ਼ਬੂਤ ਮਹਿਲ ਉਸਾਰਦੇ ਹੋ, ਸ਼ਾਇਦ ਤੁਸੀਂ ਸਦਾ ਇੱਥੇ (ਸੰਸਾਰ ਵਿਚ) ਹੀ ਰਹੋਂਗੇ।

وَتَتَّخِذُونَ مَصَانِعَ لَعَلَّكُمْ تَخْلُدُونَ ﴿129﴾

130. ਜਦੋਂ ਤੁਸੀਂ ਕਿਸੇ 'ਤੇ ਹੱਥ ਪਾਉਂਦੇ ਹੋ ਤਾਂ ਬਹੁਤ ਹੀ ਸਖ਼ਤੀ ਅਤੇ ਜ਼ੁਲਮ ਨਾਲ ਪਾਉਂਦੇ ਹੋ।

وَإِذَا بَطَشْتُم بَطَشْتُمْ جَبَّارِينَ ﴿130﴾

131 ਅੱਲਾਹ ਤੋਂ ਡਰੋ ਅਤੇ ਮੇਰੀ (ਹੂਦ ਦੀ) ਪੈਰਵੀ ਕਰੋ।

فَاتَّقُوا اللَّهَ وَأَطِيعُونِ ﴿131﴾

132. ਤੁਸੀਂ ਉਸ (ਹਸਤੀ) ਤੋਂ ਡਰੋ ਜਿਸ ਨੇ ਤੁਹਾਡੀ ਉਹਨਾਂ ਚੀਜ਼ਾਂ ਦੁਆਰਾ ਮਦਦ ਕੀਤੀ ਜਿਨ੍ਹਾਂ ਨੂੰ ਤੁਸੀਂ ਜਾਣਦੇ ਹੋ।

وَاتَّقُوا الَّذِي أَمَدَّكُم بِمَا تَعْلَمُونَ ﴿132﴾

133 ਉਸ (ਰੱਬ) ਨੇ ਤੁਹਾਡੀ ਸਹਾਇਤਾ ਮਾਲ ਦੌਲਤ ਤੇ ਔਲਾਦ ਨਾਲ ਕੀਤੀ।

أَمَدَّكُم بِأَنْعَامٍ وَبَنِينَ (133)

134 ਬਾਗ਼ਾਂ ਤੇ ਚਸ਼ਮਿਆਂ (ਨਹਿਰਾਂ) ਦੁਆਰਾ ਕੀਤੀ।

وَجَنَّاتٍ وَعُيُونٍ (134)

135 ਮੈਂ ਤਾਂ ਤੁਹਾਡੇ ਲਈ ਉਸ ਵੱਡੇ (ਕਿਆਮਤ) ਦਿਹਾੜੇ ਤੋਂ ਡਰਦਾ ਹਾਂ।

إِنِّي أَخَافُ عَلَيْكُمْ عَذَابَ يَوْمٍ عَظِيمٍ (135)

136 ਉਹਨਾਂ (ਕੌਮ) ਨੇ ਕਿਹਾ ਕਿ ਹੇ ਹੂਦ! ਤੂੰ ਸਾਨੂੰ ਸਮਝਾ ਜਾਂ ਨਾ ਸਮਝਾ, ਸਾਡੇ ਲਈ ਇੱਕ ਗੱਲ ਹੈ।

قَالُوا سَوَاءٌ عَلَيْنَا أَوَعَظْتَ أَمْ لَمْ تَكُن مِّنَ الْوَاعِظِينَ (136)

137 ਇਹ ਤਾਂ ਪਹਿਲੇ ਸਮੇਂ ਦੇ ਲੋਕਾਂ ਦੀਆਂ ਗੱਲਾਂ ਹਨ।

إِنْ هَٰذَا إِلَّا خُلُقُ الْأَوَّلِينَ (137)

138. ਸਾਨੂੰ ਕਦੇ ਕੋਈ ਅਜ਼ਾਬ ਨਹੀਂ ਦਿੱਤਾ ਜਾਵੇਗਾ।

وَمَا نَحْنُ بِمُعَذَّبِينَ (138)

139 ਉਹਨਾਂ ਨੇ ਉਸ (ਹੂਦ) ਨੂੰ (ਰੱਬ ਦਾ ਰਸੂਲ ਮੰਨਣ ਤੋਂ) ਇਨਕਾਰ ਕਰ ਦਿੱਤਾ ਸੀ। ਸੋ ਅਸੀਂ ਉਹਨਾਂ ਨੂੰ ਤਬਾਹ ਕਰ ਦਿੱਤਾ। ਬੇਸ਼ੱਕ ਇਸ ਵਿਚ (ਸਮਝਣ ਵਾਲਿਆਂ ਲਈ) ਨਿਸ਼ਾਨੀਆਂ ਹਨ, ਪਰ ਉਹਨਾਂ ਵਿੱਚੋਂ ਵਧੇਰੇ ਉਹ ਹਨ ਜਿਹੜੇ ਈਮਾਨ ਨਹੀਂ ਲਿਆਉਂਦੇ

فَكَذَّبُوهُ فَأَهْلَكْنَاهُمْ ۗ إِنَّ فِي ذَٰلِكَ لَآيَةً ۖ وَمَا كَانَ أَكْثَرُهُم مُّؤْمِنِينَ (139)

140 ਬੇਸ਼ੱਕ ਤੁਹਾਡਾ ਰੱਬ ਉਹੀਓ ਹੈ ਜਿਹੜਾ ਜ਼ੋਰਾਵਰ ਤੇ ਮਿਹਰਬਾਨ ਹੈ।

وَإِنَّ رَبَّكَ لَهُوَ الْعَزِيزُ الرَّحِيمُ (140)

141 ਸਮੂਦੀਆਂ ਨੇ ਵੀ ਪੈਗ਼ੰਬਰਾਂ ਨੂੰ ਮੰਨਣ ਤੋਂ ਇਨਕਾਰ ਕਰ ਦਿੱਤਾ।

كَذَّبَتْ ثَمُودُ الْمُرْسَلِينَ (141)

142 ਉਹਨਾਂ (ਸਮੂਦੀਆਂ) ਦੇ ਭਰਾ ਸਾਲੇਹ ਨੇ ਉਹਨਾਂ ਨੂੰ ਕਿਹਾ ਕਿ ਤੁਸੀਂ ਅੱਲਾਹ ਤੋਂ ਕਿਉਂ ਨਹੀਂ ਡਰਦੇ?

إِذْ قَالَ لَهُمْ أَخُوهُمْ صَالِحٌ أَلَا تَتَّقُونَ (142)

143. ਮੈਂ ਤੁਹਾਡੇ ਵੱਲ ਅੱਲਾਹ ਦਾ ਇਕ ਅਮਾਨਤਦਾਰ ਪੈਗ਼ੰਬਰ ਹਾਂ।

إِنِّي لَكُمْ رَسُولٌ أَمِينٌ (143)

144. ਤੁਸੀਂ ਅੱਲਾਹ ਤੋਂ ਡਰੋ ਅਤੇ ਮੇਰੇ ਆਖੇ ਲੱਗੋ।

فَاتَّقُوا اللَّهَ وَأَطِيعُونِ (144)

145. ਮੈਂ ਇਸ ਦੇ ਲਈ ਤੁਹਾਥੋਂ ਕੋਈ ਉਜਰਤ ਨਹੀਂ ਭਾਲਦਾ, ਮੇਰੀ ਉਜਰਤ (ਬਦਲਾ) ਤਾਂ ਮੇਰੇ ਪਾਲਣਹਾਰ ਦੇ ਜ਼ਿਮੇ ਹੈ।

وَمَا أَسْأَلُكُمْ عَلَيْهِ مِنْ أَجْرٍ ۖ إِنْ أَجْرِيَ إِلَّا عَلَىٰ رَبِّ الْعَالَمِينَ (145)

146 ਕੀ ਉਹਨਾਂ ਚੀਜ਼ਾਂ ਨਾਲ ਤੁਹਾਨੂੰ ਅਮਨ ਸ਼ਾਂਤੀ ਨਾਲ ਨਿਸ਼ਚਿੰਤ ਹੋਕੇ (ਸੰਸਾਰ ਵਿਚ) ਰਹਿਣ ਲਈ ਛੱਡ ਦਿੱਤਾ ਜਾਵੇਗਾ?

أَتُتْرَكُونَ فِي مَا هَاهُنَا آمِنِينَ (146)

147. ਭਾਵ ਇਹਨਾਂ ਬਾਗ਼ਾਂ ਤੇ ਚਸ਼ਮਿਆਂ ਵਿਚ (ਨਹਿਰਾਂ ਆਦਿ)।

فِي جَنَّاتٍ وَعُيُونٍ (147)

148. ਇਹ ਖੇਤ ਅਤੇ ਖਜੂਰ ਦੇ ਬਾਗ਼ਾਂ ਵਿਚ ਜਿਨ੍ਹਾਂ ਦੇ ਗੁੱਛੇ ਰਸ ਭਰੇ ਹਨ।

وَزُرُوعٍ وَنَخْلٍ طَلْعُهَا هَضِيمٌ (148)

149. ਤੁਸੀਂ ਪਹਾੜਾਂ ਨੂੰ ਕੱਟ-ਕੱਟ ਕੇ ਵੱਡੇ ਮਾਣ ਨਾਲ ਉਹਨਾਂ ਵਿਚ ਭਵਨ ਉਸਾਰਦੇ ਹੋ।

وَتَنْحِتُونَ مِنَ الْجِبَالِ بُيُوتًا فَرِهِينَ (149)

150. ਸੋ ਤੁਸੀਂ ਅੱਲਾਹ ਤੋਂ ਡਰੋ ਅਤੇ ਮੇਰੀ ਤਾਬੇਦਾਰੀ ਕਰੋ।

فَاتَّقُوا اللَّهَ وَأَطِيعُونِ (150)

151. ਤੁਸੀਂ ਰੱਬ ਵੱਲੋਂ ਨਿਯਤ ਕੀਤੀਆਂ ਹੱਦਾਂ ਨੂੰ ਟੱਪਣ ਵਾਲਿਆਂ ਦੇ ਆਖੇ ਨਾ ਲੱਗੋ

وَلَا تُطِيعُوا أَمْرَ الْمُسْرِفِينَ (151)

152. ਉਹ (ਬਾਗ਼ੀ) ਹਨ, ਜਿਹੜੇ ਧਰਤੀ 'ਤੇ ਫ਼ਸਾਦ ਫੈਲਾਉਂਦੇ ਹਨ, ਸੁਧਾਰ ਨਹੀਂ ਕਰਦੇ।

الَّذِينَ يُفْسِدُونَ فِي الْأَرْضِ وَلَا يُصْلِحُونَ (152)

153 ਉਹਨਾਂ ਨੇ ਕਿਹਾ ਕਿ (ਹੇ ਸਾਲੇਹ!) ਤੂੰ ਤਾਂ ਉਹਨਾਂ ਵਿੱਚੋਂ ਹੈ ਜਿਨ੍ਹਾਂ 'ਤੇ ਜਾਦੂ ਕੀਤਾ ਗਿਆ ਹੈ।

قَالُوا إِنَّمَا أَنْتَ مِنَ الْمُسَحَّرِينَ (153)

154 ਤੂੰ ਤਾਂ ਸਾਡੇ ਵਰਗਾ ਹੀ ਇਕ ਮਨੁੱਖ ਹੈਂ, ਜੇ ਤੂੰ ਸੱਚਾ ਹੈ ਤਾਂ ਕੋਈ ਮੋਅਜਜ਼ਾ (ਰੱਬੀ ਚਮਤਕਾਰ) ਲਿਆ?

مَا أَنْتَ إِلَّا بَشَرٌ مِثْلُنَا فَأْتِ بِآيَةٍ إِنْ كُنْتَ مِنَ الصَّادِقِينَ (154)

155. ਸਾਲੇਹ ਨੇ ਕਿਹਾ ਕਿ ਇਹ ਊਠਣੀ (ਨਿਸ਼ਾਨੀ) ਹੈ। ਇਕ ਨਿਸ਼ਚਿਤ ਦਿਨ ਪਾਣੀ ਪੀਣ ਦੀ ਵਾਰੀ ਇਸ ਦੀ ਹੈ ਅਤੇ ਇਕ ਦਿਨ ਤੁਹਾਡੀ ਹੈ।

قَالَ هَٰذِهِۦ نَاقَةٌ لَّهَا شِرْبٌ وَلَكُمْ شِرْبُ يَوْمٍ مَّعْلُومٍ ﴿155﴾

156. ਇਸ ਨੂੰ ਭੈੜੇ ਇਰਾਦੇ ਨਾਲ ਹੱਥ ਨਹੀਂ ਲਾਉਣਾ, ਨਹੀਂ ਤਾਂ ਇਕ ਵੱਡੇ ਦਿਹਾੜੇ ਦਾ ਅਜ਼ਾਬ ਤੁਹਾਨੂੰ ਆ ਲੈਂਪੇਗਾ।

وَلَا تَمَسُّوهَا بِسُوٓءٍ فَيَأْخُذَكُمْ عَذَابُ يَوْمٍ عَظِيمٍ ﴿156﴾

157. (ਇਸ ਚਿਤਾਵਨੀ ਤੋਂ ਬਾਅਦ ਵੀ) ਉਹਨਾਂ (ਸਮੂਦੀਆਂ) ਨੇ ਉਸ (ਊਠਣੀ) ਦੀਆਂ ਖੁੱਚਾਂ ਵੱਢ ਸੁੱਟੀਆਂ। ਫੇਰ ਉਹ ਪਛਤਾਉਣ ਲੱਗੇ।

فَعَقَرُوهَا فَأَصْبَحُوا۟ نَٰدِمِينَ ﴿157﴾

158. ਅਤੇ ਉਹਨਾਂ ਨੂੰ ਅਜ਼ਾਬ ਨੇ ਆ ਫੜਿਆ, ਬੇਸ਼ੱਕ ਇਸ (ਘਟਨਾ) ਵਿਚ ਇਕ ਸਿੱਖਿਆ ਹੈ। ਉਹਨਾਂ ਵਿੱਚੋਂ ਬਹੁਤੇ ਈਮਾਨ ਲਿਆਉਣ ਵਾਲੇ ਨਹੀਂ ਸਾਂ।

فَأَخَذَهُمُ ٱلْعَذَابُ ۗ إِنَّ فِى ذَٰلِكَ لَءَايَةً ۖ وَمَا كَانَ أَكْثَرُهُم مُّؤْمِنِينَ ﴿158﴾

159. ਬੇਸ਼ੱਕ ਤੁਹਾਡਾ ਰੱਬ ਉਹ ਹੈ ਜਿਹੜਾ ਬਾਬਾ ਜ਼ੋਰਾਵਰ ਤੇ ਰਹਿਮ ਫ਼ਰਮਾਉਣ ਵਾਲਾ ਹੈ।

وَإِنَّ رَبَّكَ لَهُوَ ٱلْعَزِيزُ ٱلرَّحِيمُ ﴿159﴾

160. ਲੂਤ ਦੀ ਕੌਮ ਨੇ ਨਬੀਆਂ ਨੂੰ ਝੁਠਲਾਇਆ।

كَذَّبَتْ قَوْمُ لُوطٍ ٱلْمُرْسَلِينَ ﴿160﴾

161. ਜਦੋਂ ਉਹਨਾਂ ਨੂੰ ਉਹਨਾਂ ਦੇ ਭਰਾ ਲੂਤ ਨੇ ਆਖਿਆ, ਕੀ ਤੁਸੀਂ ਅੱਲਾਹ ਤੋਂ ਨਹੀਂ ਡਰਦੇ?

إِذْ قَالَ لَهُمْ أَخُوهُمْ لُوطٌ أَلَا تَتَّقُونَ ﴿161﴾

162. ਮੈਂ ਤੁਹਾਡੇ ਵੱਲ ਇਕ ਅਮਾਨਤਦਾਰ ਰਸੂਲ (ਬਣਕੇ ਆਇਆ) ਹਾਂ।

إِنِّى لَكُمْ رَسُولٌ أَمِينٌ ﴿162﴾

163. ਸੋ ਤੁਸੀਂ ਅੱਲਾਹ ਤੋਂ ਡਰੋ ਅਤੇ ਮੇਰਾ ਕਹਿਣਾ [illegible]

فَٱتَّقُوا۟ ٱللَّهَ وَأَطِيعُونِ ﴿163﴾

164. ਮੈਂ (ਇਸ ਨਸੀਹਤ ਲਈ) ਤੁਹਾਥੋਂ ਕੋਈ ਬਦਲਾ (ਉਜਰਤ) ਨਹੀਂ ਮੰਗਦਾ ਮੇਰਾ ਬਦਲਾ ਤਾਂ ਅੱਲਾਹ ਦੇ ਜ਼ਿੰਮੇ ਹੈ।

وَمَآ أَسْـَٔلُكُمْ عَلَيْهِ مِنْ أَجْرٍ ۖ إِنْ أَجْرِىَ إِلَّا عَلَىٰ رَبِّ ٱلْعَٰلَمِينَ ﴿164﴾

أَتَأْتُونَ الذُّكْرَانَ مِنَ الْعَالَمِينَ ﴿165﴾

165 ਕੀ ਤੁਸੀਂ (ਕਾਮ ਵਾਸਨਾ ਦੇ ਲਈ) ਦੁਨੀਆਂ ਵਿੱਚੋਂ ਪੁਰਸ਼ਾਂ ਕੋਲ ਜਾਂਦੇ ਹੋ?

وَتَذَرُونَ مَا خَلَقَ لَكُمْ رَبُّكُمْ مِنْ أَزْوَاجِكُمْ ۚ بَلْ أَنْتُمْ قَوْمٌ عَادُونَ ﴿166﴾

166. ਅਤੇ ਆਪਣੀਆਂ ਪਤਨੀਆਂ ਨੂੰ ਛੱਡ ਦਿੰਦੇ ਹੋ ਜਿਨ੍ਹਾਂ ਨੂੰ ਅੱਲਾਹ ਨੇ ਤੁਹਾਡੇ ਲਈ ਪੈਦਾ ਕੀਤਾ ਹੈ। ਤੁਸੀਂ ਤਾਂ ਹੱਦਾਂ ਟੱਪਣ ਵਾਲੇ ਹੋ।

قَالُوا لَئِنْ لَمْ تَنْتَهِ يَا لُوطُ لَتَكُونَنَّ مِنَ الْمُخْرَجِينَ ﴿167﴾

167 ਉਹਨਾਂ ਨੇ ਉੱਤਰ ਵਿਚ ਕਿਹਾ ਕਿ ਹੇ ਲੂਤ! ਜੇ ਤੂੰ ਬਾਜ਼ ਨਾ ਆਇਆ ਤਾਂ ਤੂੰ (ਬਸਤੀ ਵਿੱਚੋਂ) ਬਾਹਰ ਕੱਢ ਦਿੱਤਾ ਜਾਵੇਗਾ।

قَالَ إِنِّي لِعَمَلِكُمْ مِنَ الْقَالِينَ ﴿168﴾

168 ਲੂਤ ਨੇ ਆਖਿਆ, ਬੇਸ਼ੱਕ ਮੈਂ ਤੁਹਾਡੀਆਂ (ਅਸ਼ਲੀਲ) ਹਰਕਤਾਂ ਦਾ ਕੱਟੜ ਵਿਰੋਧੀ ਹਾਂ।

رَبِّ نَجِّنِي وَأَهْلِي مِمَّا يَعْمَلُونَ ﴿169﴾

169. ਲੂਤ ਨੇ ਦੁਆ ਕੀਤੀ ਕਿ ਹੇ ਮੇਰੇ ਰੱਬਾ! ਤੂੰ ਮੈਨੂੰ ਅਤੇ ਮੇਰੇ ਪਰਿਵਾਰ ਨੂੰ ਉਹਨਾਂ ਭੈੜੇ ਕਰਮਾਂ ਤੋਂ ਛੁਟਕਾਰਾ ਦੇ।

فَنَجَّيْنَاهُ وَأَهْلَهُ أَجْمَعِينَ ﴿170﴾

170 ਅਤੇ ਇੰਜ ਅਸੀਂ ਉਸ (ਲੂਤ) ਨੂੰ ਅਤੇ ਉਸ ਦੇ ਸਾਥੀਆਂ ਨੂੰ ਬਚਾ ਲਿਆ।

إِلَّا عَجُوزًا فِي الْغَابِرِينَ ﴿171﴾

171. ਛੁੱਟ ਉਸ ਬੁੱਢੀ ਔਰਤ (ਲੂਤ ਦੀ ਪਤਨੀ) ਤੋਂ ਜਿਹੜੀ ਪਿੱਛੇ ਰਹਿ ਜਾਣ ਵਾਲਿਆਂ ਵਿੱਚੋਂ ਸੀ।

ثُمَّ دَمَّرْنَا الْآخَرِينَ ﴿172﴾

172. ਫਿਰ ਅਸੀਂ ਬਾਕੀ ਰਹਿੰਦੇ ਲੋਕਾਂ ਨੂੰ ਹਲਾਕ (ਬਰਬਾਦ) ਕਰ ਦਿੱਤਾ।

وَأَمْطَرْنَا عَلَيْهِمْ مَطَرًا ۖ فَسَاءَ مَطَرُ الْمُنْذَرِينَ ﴿173﴾

173 ਅਸੀਂ ਉਹਨਾਂ ਉੱਤੇ (ਪੱਥਰਾਂ ਦਾ) ਮੀਂਹ ਵਰਸਾਇਆ। ਉਹ ਬਹੁਤ ਹੀ ਭੈੜਾ ਮੀਂਹ ਸੀ, ਜਿਹੜਾ ਡਰਾਏ ਹੋਏ ਲੋਕਾਂ 'ਤੇ ਵਰਸਿਆ ਸੀ।

إِنَّ فِي ذَٰلِكَ لَآيَةً ۖ وَمَا كَانَ أَكْثَرُهُمْ مُؤْمِنِينَ ﴿174﴾

174 ਬੇਸ਼ੱਕ ਇਸ ਘਟਨਾ ਵਿਚ ਵੀ ਇਕ (ਸਿੱਖਿਆਦਾਇਕ) ਨਿਸ਼ਾਨੀ ਹੈ। ਉਹਨਾਂ ਵਿੱਚੋਂ ਵੀ ਬਹੁਤੇ ਲੋਕ ਈਮਾਨ ਨਹੀਂ ਲਿਆਏ ਸਨ।

175 ਬੇਸ਼ੱਕ ਤੇਰਾ ਰੱਬ ਹੀ (ਹਰ ਪੱਖੋਂ) ਭਾਰੂ ਹੈ ਅਤੇ ਮਿਹਰਬਾਨ ਹੈ।

وَإِنَّ رَبَّكَ لَهُوَ الْعَزِيزُ الرَّحِيمُ ﴿175﴾

176 'ਐਕੇ' ਵਾਲਿਆਂ ਨੇ ਵੀ ਰਸੂਲਾਂ ਨੂੰ ਝੁਠਲਾਇਆ।

كَذَّبَ أَصْحَابُ لْـَٔيْكَةِ الْمُرْسَلِينَ ﴿176﴾

177 ਜਦੋਂ ਉਹਨਾਂ ਨੂੰ ਸ਼ੁਐਬ ਨੇ ਕਿਹਾ, ਕੀ ਤੁਸੀਂ (ਰੱਬ ਤੋਂ) ਨਹੀਂ ਡਰਦੇ?

إِذْ قَالَ لَهُمْ شُعَيْبٌ أَلَا تَتَّقُونَ ﴿177﴾

178. ਮੈਂ ਤੁਹਾਡੇ ਲਈ (ਰੱਬ ਵੱਲੋਂ) ਭੇਜਿਆ ਹੋਇਆ ਇਕ ਅਮਾਨਤਦਾਰ ਰਸੂਲ ਹਾਂ।

إِنِّي لَكُمْ رَسُولٌ أَمِينٌ ﴿178﴾

179 ਸੋ ਤੁਸੀਂ ਅੱਲਾਹ ਤੋਂ ਡਰੋ ਅਤੇ ਮੇਰੀ ਆਗਿਆ ਦਾ ਪਾਲਣ ਕਰੋ।

فَاتَّقُوا اللَّهَ وَأَطِيعُونِ ﴿179﴾

180. (ਇਹ ਸਿੱਖਿਆ ਦੇਣ ਲਈ) ਮੈਂ ਤੁਹਾਥੋਂ ਕੋਈ ਬਦਲਾ ਨਹੀਂ ਚਾਹੁੰਦਾ, ਮੇਰਾ ਬਦਲਾ ਤਾਂ ਸਾਰੇ ਜਹਾਨਾਂ ਦੇ ਪਾਲਣਹਾਰ ਦੇ ਕੋਲ ਹੀ ਹੈ।

وَمَا أَسْأَلُكُمْ عَلَيْهِ مِنْ أَجْرٍ إِنْ أَجْرِيَ إِلَّا عَلَىٰ رَبِّ الْعَالَمِينَ ﴿180﴾

181 ਮਿਣਤੀ ਪੂਰੀ ਭਰ ਕੇ ਦਿਓ ਅਤੇ ਦੂਜਿਆਂ ਦਾ ਨੁਕਸਾਨ ਕਰਨ ਵਾਲੇ ਨਾ ਬਣੋ।

أَوْفُوا الْكَيْلَ وَلَا تَكُونُوا مِنَ الْمُخْسِرِينَ ﴿181﴾

182 ਅਤੇ ਸਿੱਧੀ ਤੱਕੜੀ ਨਾਲ ਤੋਲੋ (ਭਾਵ ਡੰਡੀ ਨਾ ਮਾਰੋ)।

وَزِنُوا بِالْقِسْطَاسِ الْمُسْتَقِيمِ ﴿182﴾

183. ਲੋਕਾਂ ਨੂੰ ਉਹਨਾਂ ਦੀਆਂ ਚੀਜ਼ਾਂ ਘੱਟ ਨਾ ਦਿਓ ਅਤੇ ਧਰਤੀ 'ਤੇ ਫ਼ਸਾਦ ਨਾ ਮਚਾਉਂਦੇ ਫਿਰੋ।

وَلَا تَبْخَسُوا النَّاسَ أَشْيَاءَهُمْ وَلَا تَعْثَوْا فِي الْأَرْضِ مُفْسِدِينَ ﴿183﴾

184. ਉਸ ਰੱਬ ਤੋਂ ਡਰੋ ਜਿਸ ਨੇ ਤੁਹਾਨੂੰ ਅਤੇ ਤੁਹਾਥੋਂ ਪਹਿਲੀ ਮਖ਼ਲੂਕ ਨੂੰ ਪੈਦਾ ਕੀਤਾ ਹੈ।

وَاتَّقُوا الَّذِي خَلَقَكُمْ وَالْجِبِلَّةَ الْأَوَّلِينَ ﴿184﴾

185 ਉਹਨਾਂ ਨੇ ਕਿਹਾ ਕਿ ਤੂੰ ਤਾਂ ਉਹਨਾਂ ਵਿੱਚੋਂ ਹੈਂ ਜਿਨ੍ਹਾਂ 'ਤੇ ਜਾਦੂ ਕਰ ਦਿੱਤਾ ਜਾਂਦਾ ਹੈ।

قَالُوا إِنَّمَا أَنْتَ مِنَ الْمُسَحَّرِينَ ﴿185﴾

186. ਤੂੰ ਤਾਂ ਸਾਡੇ ਵਰਗਾ ਹੀ ਇਕ ਮਨੁੱਖ ਹੈਂ, ਅਸੀਂ ਤਾਂ ਤੈਨੂੰ ਝੂਠ ਬੋਲਣ ਵਾਲਿਆਂ ਵਿੱਚੋਂ ਹੀ ਸਮਝਦੇ ਹਾਂ।

وَمَا أَنْتَ إِلَّا بَشَرٌ مِثْلُنَا وَإِنْ نَظُنُّكَ لَمِنَ الْكَاذِبِينَ ﴿186﴾

187. ਜੇ ਤੂੰ ਸੱਚਾ ਹੈ ਤਾਂ ਸਾਡੇ ਉੱਤੇ ਅਕਾਸ਼ ਦਾ ਕੋਈ ਟੁਕੜਾ ਡੇਗ ਦੇ।

فَأَسْقِطْ عَلَيْنَا كِسَفًا مِّنَ السَّمَاءِ إِن كُنتَ
مِنَ الصَّادِقِينَ ﴿١٨٧﴾

188. ਸ਼ੁਐਬ ਨੇ ਕਿਹਾ ਕਿ ਮੇਰਾ ਰੱਬ ਚੰਗੀ ਤਰ੍ਹਾਂ ਜਾਣਦਾ ਹੈ ਜੋ ਤੁਸੀਂ ਕਰ ਰਹੇ ਹੋ।

قَالَ رَبِّي أَعْلَمُ بِمَا تَعْمَلُونَ ﴿١٨٨﴾

189. ਸੋ ਜਦੋਂ ਉਹਨਾਂ ਨੇ ਉਹ (ਸ਼ੁਐਬ) ਨੂੰ ਝੁਠਲਾਇਆ (ਛੇਤੀ ਹੀ) ਉਹਨਾਂ ਨੂੰ (ਬੱਦਲਾਂ ਦੇ) ਪਰਛਾਵੇਂ ਵਾਲੇ ਦਿਹਾੜੇ ਦੇ ਅਜ਼ਾਬ ਨੇ ਆ ਨੱਪਿਆ, ਉਹ ਬਹੁਤ ਹੀ ਭਾਰੀ ਦਿਨ ਦਾ ਅਜ਼ਾਬ ਸੀ।

فَكَذَّبُوهُ فَأَخَذَهُمْ عَذَابُ يَوْمِ الظُّلَّةِ ۚ
إِنَّهُ كَانَ عَذَابَ يَوْمٍ عَظِيمٍ ﴿١٨٩﴾

190. ਇਸ ਘਟਨਾ ਵਿਚ ਵੱਡੀਆਂ ਨਿਸ਼ਾਨੀਆਂ ਹਨ, ਉਹਨਾਂ ਵਿੱਚੋਂ ਬਹੁਤੇ ਲੋਕ ਈਮਾਨ ਲਿਆਉਣ ਵਾਲੇ ਨਹੀਂ ਸਨ।

إِنَّ فِي ذَٰلِكَ لَآيَةً ۖ وَمَا كَانَ أَكْثَرُهُم
مُّؤْمِنِينَ ﴿١٩٠﴾

191. ਬੇਸ਼ੱਕ ਤੁਹਾਡਾ ਪਾਲਣਹਾਰ ਹੀ ਭਾਰੂ ਤੇ ਮਿਹਰਬਾਨੀਆਂ ਵਾਲਾ ਹੈ।

وَإِنَّ رَبَّكَ لَهُوَ الْعَزِيزُ الرَّحِيمُ ﴿١٩١﴾

192. ਅਤੇ ਨਿਰਸੰਦੇਹ, ਇਹ (ਕੁਰਆਨ) ਸਾਰੇ ਹੀ ਜਹਾਨਾਂ ਦੇ ਪਾਲਣਹਾਰ ਵੱਲੋਂ ਭੇਜਿਆ ਗਿਆ ਹੈ।

وَإِنَّهُ لَتَنزِيلُ رَبِّ الْعَالَمِينَ ﴿١٩٢﴾

193. ਇਸ ਨੂੰ ਇਕ ਅਮਾਨਤਦਾਰ ਰੂਹ (ਜਿਬਰਾਈਲ) ਲੈ ਕੇ ਆਇਆ ਹੈ।

نَزَلَ بِهِ الرُّوحُ الْأَمِينُ ﴿١٩٣﴾

194. (ਹੇ ਮੁਹੰਮਦ!) ਅਸੀਂ ਇਸ (ਕੁਰਆਨ) ਨੂੰ ਤੁਹਾਡੇ ਦਿਲ ਉੱਤੇ ਨਾਜ਼ਿਲ ਕੀਤਾ ਹੈ ਤਾਂ ਜੋ ਤੁਸੀਂ ਵੀ ਡਰਾਉਣ ਵਾਲੇ (ਪੈਗ਼ੰਬਰਾਂ) ਵਿੱਚੋਂ ਹੋ ਜਾਓ।

عَلَىٰ قَلْبِكَ لِتَكُونَ مِنَ الْمُنذِرِينَ ﴿١٩٤﴾

195. ਇਹ ਕੁਰਆਨ ਸਪਸ਼ਟ ਤੇ ਠੇਠ ਅਰਬੀ ਭਾਸ਼ਾ ਵਿਚ ਹੈ।

بِلِسَانٍ عَرَبِيٍّ مُّبِينٍ ﴿١٩٥﴾

196. ਬੇਸ਼ੱਕ ਇਸ ਕੁਰਆਨ ਦੀ ਚਰਚਾ ਪਹਿਲੀਆਂ ਅਸਮਾਨੀ ਕਿਤਾਬਾਂ ਵਿਚ ਵੀ ਕੀਤੀ ਗਈ ਹੈ।

وَإِنَّهُ لَفِي زُبُرِ الْأَوَّلِينَ ﴿١٩٦﴾

197. ਕੀ ਉਹਨਾਂ (ਕਾਫ਼ਿਰਾਂ) ਲਈ ਇਹੋ ਨਿਸ਼ਾਨੀ ਕਾਫ਼ੀ ਨਹੀਂ ਕਿ .ਕੁਰਆਨ ਦੇ ਹੱਕ ਹੋਣ ਨੂੰ ਤਾਂ ਬਨੀ-ਇਸਰਾਈਲ ਦੇ ਵਿਦਵਾਨ ਵੀ ਜਾਣਦੇ ਹਨ।[1]	أَوَلَمْ يَكُن لَّهُمْ ءَايَةً أَن يَعْلَمَهُۥ عُلَمَٰٓؤُا۟ بَنِىٓ إِسْرَٰٓءِيلَ ﴿197﴾
198. ਜੇਕਰ ਅਸੀਂ ਇਸ .ਕੁਰਆਨ ਨੂੰ ਕਿਸੇ ਅਜਮੀ (ਗੈਰ ਅਰਬੀ ਵਿਅਕਤੀ) ਉੱਤੇ ਨਾਜ਼ਿਲ ਕਰ ਦਿੰਦੇ।	وَلَوْ نَزَّلْنَٰهُ عَلَىٰ بَعْضِ ٱلْأَعْجَمِينَ ﴿198﴾
199. ਅਤੇ ਉਹ ਉਹਨਾਂ (ਅਰਬੀ ਲੋਕਾਂ) ਦੇ ਸਾਹਮਣੇ ਇਸ (.ਕੁਰਆਨ) ਨੂੰ ਪੜ੍ਹਦਾ ਤਾਂ ਉਹ ਕੀ ਈਮਾਨ ਨਾ ਲਿਆਉਂਦੇ।	فَقَرَأَهُۥ عَلَيْهِم مَّا كَانُوا۟ بِهِۦ مُؤْمِنِينَ ﴿199﴾
200. ਇਸ ਤਰ੍ਹਾਂ ਅਸਾਂ ਗੁਨਾਹਗਾਰਾਂ ਦੇ ਦਿਲਾਂ ਵਿਚ ਇਸ (.ਕੁਰਆਨ) ਨੂੰ ਝੁਠਲਾਉਣਾ ਪੱਕਾ ਕਰ ਦਿੱਤਾ ਹੈ।	كَذَٰلِكَ سَلَكْنَٰهُ فِى قُلُوبِ ٱلْمُجْرِمِينَ ﴿200﴾
201. ਉਹ ਜਦੋਂ ਤਕ ਦਰਦ ਭਰੇ ਅਜ਼ਾਬ ਨਹੀਂ ਵੇਖ ਲੈਂਦੇ, ਈਮਾਨ ਨਹੀਂ ਲਿਆਉਣਗੇ।	لَا يُؤْمِنُونَ بِهِۦ حَتَّىٰ يَرَوُا۟ ٱلْعَذَابَ ٱلْأَلِيمَ ﴿201﴾
202. ਸੋ ਉਹ ਅਜ਼ਾਬ ਉਹਨਾਂ ਉੱਤੇ ਅਚਨਚੇਤ ਆਵੇਗਾ ਅਤੇ ਉਹਨਾਂ ਨੂੰ ਇਸ ਦਾ ਪਤਾ ਵੀ ਨਹੀਂ ਲੱਗੇਗਾ।	فَيَأْتِيَهُم بَغْتَةً وَهُمْ لَا يَشْعُرُونَ ﴿202﴾
203. ਫੇਰ ਉਹ ਆਖਣਗੇ, ਕੀ ਸਾਨੂੰ ਕੁੱਝ ਸਮੇਂ ਲਈ ਮੋਹਲਤ ਮਿਲ ਸਕਦੀ ਹੈ? (ਤਾਂ ਜੋ ਅਸੀਂ ਈਮਾਨ ਲਿਆਈਏ)	فَيَقُولُوا۟ هَلْ نَحْنُ مُنظَرُونَ ﴿203﴾
204. ਕੀ ਉਹ ਸਾਡੇ ਅਜ਼ਾਬ ਲਈ ਕਾਹਲੀ ਪਾ ਰਹੇ ਹਨ?	أَفَبِعَذَابِنَا يَسْتَعْجِلُونَ ﴿204﴾
205. ਰਤਾ ਤੁਸੀਂ ਵੇਖੋ। ਜੇ ਭਲਾਂ ਅਸੀਂ ਉਹਨਾਂ (ਅਪਰਾਧੀਆਂ) ਨੂੰ ਹੋਰ ਕਈ ਵਰ੍ਹੇ ਸੰਸਾਰ ਦਾ ਲਾਭ ਲੈਣ (ਲਈ ਮੋਹਲਤ) ਦੇ ਦਿੰਦੇ।	أَفَرَءَيْتَ إِن مَّتَّعْنَٰهُمْ سِنِينَ ﴿205﴾
206. ਫਿਰ ਉਹਨਾਂ (ਕਾਫ਼ਿਰਾਂ) ਉੱਤੇ ਉਹ ਅਜ਼ਾਬ ਆ ਜਾਂਦਾ ਜਿਸ ਤੋਂ ਡਰਾਏ ਜਾ ਰਹੇ ਹਨ।	ثُمَّ جَآءَهُم مَّا كَانُوا۟ يُوعَدُونَ ﴿206﴾

---

[1] ਵੇਖੋ ਸੂਰਤ ਅਲ-ਮਾਇਦਾ, ਹਾਸ਼ੀਆ ਆਇਤ 83/5, ਅਬਦੁੱਲਾ ਬਿਨ ਸਲਾਮ ਦਾ ਕਿੱਸਾ)।

207 ਤਾਂ ਵੀ ਜਿਸ ਜੀਵਨ ਸਮੱਗਰੀ ਦਾ ਉਹ ਆਨੰਦ ਲੈ ਰਹੇ ਹਨ ਉਹ ਉਹਨਾਂ ਦੇ ਕਿਸੇ ਕੰਮ ਨਾ ਆਉਂਦੀ।

ما أغنى عنهم ما كانوا يمتعون (207)

208. ਅਸੀਂ ਜਿਹੜੀ ਵੀ ਬਸਤੀ ਨੂੰ ਹਲਾਕ ਕੀਤਾ ਹੈ ਤਾਂ (ਪਹਿਲਾਂ) ਉਸ ਵਿਚ ਡਰਾਉਣ ਵਾਲੇ ਭੇਜੇ।

وما أهلكنا من قرية إلا لها منذرون (208)

209 ਲੋਕਾਂ ਨੂੰ ਸਮਝਾਉਣ ਲਈ (ਡਰਾਉਣ ਵਾਲੇ ਭੇਜੇ)। ਅਸੀਂ ਕਿਸੇ 'ਤੇ ਕੋਈ ਜ਼ੁਲਮ (ਵਧੀਕੀ) ਕਰਨ ਵਾਲੇ ਨਹੀਂ।

ذكرى وما كنا ظالمين (209)

210 ਇਸ ਕੁਰਆਨ ਨੂੰ ਸ਼ੈਤਾਨ ਲੈਕੇ ਨਹੀਂ ਉੱਤਰੇ।

وما تنزلت به الشياطين (210)

211 ਨਾ ਹੀ ਉਹ ਇਸ ਯੋਗ ਹਨ ਤੇ ਨਾ ਹੀ ਉਹ ਸਮਰਥਾ ਰੱਖਦੇ ਹਨ।

وما ينبغي لهم وما يستطيعون (211)

212 ਉਹ ਤਾਂ ਇਸ (ਕੁਰਆਨ) ਨੂੰ ਸੁਣਨ ਤੋਂ ਵੀ ਦੂਰ ਰੱਖੇ ਗਏ ਹਨ।

إنهم عن السمع لمعزولون (212)

213 ਸੋ ਤੁਸੀਂ (ਹੇ ਮੁਹੰਮਦ ਸ:!) ਅੱਲਾਹ ਦੇ ਨਾਲ ਕਿਸੇ ਹੋਰ ਇਸ਼ਟ ਨੂੰ ਨਾ ਪੁਕਾਰੋ ਨਹੀਂ ਤਾਂ ਤੁਸੀਂ ਵੀ ਸਜ਼ਾ ਭੋਗਣ ਵਾਲਿਆਂ ਵਿੱਚੋਂ ਹੋ ਜਾਓਗੇ।

فلا تدع مع الله إلها آخر فتكون من المعذبين (213)

214 ਤੁਸੀਂ ਆਪਣੇ ਸਕੇ ਸੰਬੰਧੀਆਂ ਨੂੰ ਡਰਾਓ।[1]

وأنذر عشيرتك الأقربين (214)

---

[1] ਹਜ਼ਰਤ ਇਬਨੇ ਅੱਬਾਸ ਰ:ਅ ਦਾ ਕਹਿਣਾ ਹੈ ਕਿ ਜਦੋਂ ਕੁਰਆਨ ਕਰੀਮ ਦੀ ਇਹ ਆਇਤ ਨਾਜ਼ਿਲ ਹੋਈ ਤਾਂ ਅੱਲਾਹ ਦੇ ਰਸੂਲ (ਸ:) ਆਏ ਅਤੇ ਸਫ਼ਾ ਪਹਾੜ 'ਤੇ ਚੜ੍ਹ ਗਏ ਅਤੇ ਉੱਚੀ ਅਵਾਜ਼ ਨਾਲ ਐਲਾਨ ਕਰਨ ਲੱਗ ਪਏ ਕਿ ਲੋਕੋ ਸਾਵਧਾਨ ਹੋ ਜਾਓ। ਮੱਕੇ ਦੇ ਲੋਕ ਆਖਣ ਲੱਗੇ ਕਿ ਇਹ ਕੌਣ ਹੈ? ਫੇਰ ਉਹ ਨਬੀ ਕਰੀਮ (ਸ:) ਦੇ ਕੋਲ ਜਮ੍ਹਾ ਹੋ ਗਏ, ਤਾਂ ਆਪ (ਸ:) ਨੇ ਫ਼ਰਮਾਇਆ "ਜੇ ਮੈਂ ਤੁਹਾਨੂੰ ਇਹ ਦੱਸਾਂ ਕਿ ਘੋੜਿਆਂ ਦੇ ਸਵਾਰ ਇਸ ਪਹਾੜ ਤੋਂ ਨਿਕਲ ਕੇ ਤੁਹਾਡੇ 'ਤੇ ਹਮਲਾ ਕਰਨ ਵਾਲੇ ਹਨ ਤਾਂ ਕੀ ਤੁਸੀਂ ਸੱਚ ਮੰਨੋਗੇ? ਲੋਕਾਂ ਨੇ ਕਿਹਾ ਅਸਾਂ ਤੁਹਾਨੂੰ ਕਦੇ ਵੀ ਝੂਠ ਬੋਲਦੇ ਨਹੀਂ ਵੇਖਿਆ, ਇਹੋ ਕਾਰਨ ਸੀ ਕਿ ਮੱਕੇ ਵਾਲੇ ਆਪ ਜੀ ਨੂੰ 'ਅਮੀਨ' ਤੇ 'ਸਾਦਿਕ' ਆਖਦੇ ਸਨ। ਨਬੀ ਕਰੀਮ (ਸ:) ਨੇ ਫ਼ਰਮਾਇਆ, ਤਾਂ ਫੇਰ ਮੈਂ ਤੁਹਾਨੂੰ ਉਸ ਅਜ਼ਾਬ ਤੋਂ ਡਰਾਉਣ ਵਾਲਾ ਹਾਂ ਜਿਹੜਾ ਤੁਹਾਡੇ ਸਾਹਮਣੇ ਮੌਜੂਦ ਹੈ। ਇਹ ਸੁਣ ਕੇ ਅਬੂ ਲਹਬ ਆਖਣ ਲੱਗਾ, ਤੂੰ ਬਰਬਾਦ ਹੋ ਜਾਵੇਂ, ਕੀ ਤੂੰ ਸਾਨੂੰ ਇਸੇ ਲਈ ਜਮ੍ਹਾਂ ਕੀਤਾ ਸੀ? ਫਿਰ ਅਬੂ ਲਹਬ ਮੁੜ ਤੁਰਿਆ ਇਸੇ ਸੰਬੰਧ ਵਿਚ ਸੂਰਤ ਲਹਬ ਨਾਜ਼ਿਲ ਹੋਈ ਸੀ। (ਸਹੀ ਬੁਖ਼ਾਰੀ, ਹਦੀਸ: 4971)

215. ਈਮਾਨ ਵਾਲਿਆਂ ਵਿੱਚੋਂ ਜਿਹੜੇ ਤੁਹਾਡੀ ਪੈਰਵੀ ਕਰਨ, ਉਹਨਾਂ ਨਾਲ ਅਤਿ ਨਿਮਰਤਾ ਦਾ ਵਿਹਾਰ ਕਰੋ।

وَاخْفِضْ جَنَاحَكَ لِمَنِ اتَّبَعَكَ مِنَ الْمُؤْمِنِينَ ﴿215﴾

216. ਜੇ ਉਹ ਤੁਹਾਡੇ ਆਦੇਸ਼ਾਂ ਦੀ ਪਾਲਣਾ ਨਹੀਂ ਕਰਦੇ ਤਾਂ ਤੁਸੀਂ ਵੀ ਐਲਾਨ ਕਰ ਦਿਓ ਕਿ ਮੈਂ ਤੁਹਾਡੇ ਉਹਨਾਂ ਸਾਰੇ ਕੰਮਾਂ ਦੀ ਜ਼ਿੰਮੇਵਾਰੀ ਤੋਂ, ਜਿਹੜੇ ਕੰਮ ਤੁਸੀਂ ਕਰ ਰਹੇ ਹੋ, ਆਜ਼ਾਦ ਹਾਂ।

فَإِنْ عَصَوْكَ فَقُلْ إِنِّي بَرِيءٌ مِّمَّا تَعْمَلُونَ ﴿216﴾

217. (ਹੇ ਮੁਹੰਮਦ ਸ:!) ਤੁਸੀਂ ਆਪਣਾ ਭਰੋਸਾ ਉਸੇ ਜ਼ੋਰਾਵਰ ਮਿਹਰਬਾਨ 'ਤੇ ਰੱਖੋ।

وَتَوَكَّلْ عَلَى الْعَزِيزِ الرَّحِيمِ ﴿217﴾

218. ਜਿਹੜਾ ਤੁਹਾਨੂੰ ਵੇਖਦਾ ਹੈ ਜਦੋਂ ਤੁਸੀਂ (ਨਮਾਜ਼ ਲਈ) ਖੜ੍ਹੇ ਹੁੰਦੇ ਹੋ।

الَّذِي يَرَاكَ حِينَ تَقُومُ ﴿218﴾

219. ਅਤੇ ਉਹ ਸਿਜਦਾ ਕਰਨ ਵਾਲਿਆਂ ਵਿਚਕਾਰ ਤੁਹਾਡਾ ਉਠਣਾ ਬੈਠਣਾ ਵੀ ਵੇਖਦਾ ਹੈ।

وَتَقَلُّبَكَ فِي السَّاجِدِينَ ﴿219﴾

220. ਉਹ (ਅੱਲਾਹ) ਹਰ ਗੱਲ ਸੁਣਨ ਵਾਲਾ ਅਤੇ ਜਾਣਨ ਵਾਲਾ ਹੈ।

إِنَّهُ هُوَ السَّمِيعُ الْعَلِيمُ ﴿220﴾

221. ਕੀ ਮੈਂ (ਅੱਲਾਹ) ਤੁਹਾਨੂੰ ਦੱਸਾਂ ਕਿ ਸ਼ੈਤਾਨ ਕਿਸ 'ਤੇ ਉਤਰਿਆ ਕਰਦੇ ਹਨ।

هَلْ أُنَبِّئُكُمْ عَلَىٰ مَن تَنَزَّلُ الشَّيَاطِينُ ﴿221﴾

222. ਉਹ ਸ਼ੈਤਾਨ ਹਰੇਕ ਝੂਠ ਘੜਣ ਵਾਲੇ ਪਾਪੀ 'ਤੇ ਉਤਰਿਆ ਕਰਦੇ ਹਨ।

تَنَزَّلُ عَلَىٰ كُلِّ أَفَّاكٍ أَثِيمٍ ﴿222﴾

223. ਜਿਹੜੇ (ਸ਼ੈਤਾਨਾਂ ਵੱਲ) ਕੰਨ ਲਾਈਂ ਰੱਖਦੇ ਹਨ, ਉਹਨਾਂ ਵਿੱਚੋਂ ਬਹੁਤੇ ਝੂਠੇ ਹੁੰਦੇ ਹਨ।

يُلْقُونَ السَّمْعَ وَأَكْثَرُهُمْ كَاذِبُونَ ﴿223﴾

224. ਕਵੀਆਂ ਪਿੱਛੇ ਤਾਂ ਕੁਰਾਹੀਏ ਹੀ ਲੱਗਦੇ [illegible]

وَالشُّعَرَاءُ يَتَّبِعُهُمُ الْغَاوُونَ ﴿224﴾

225. ਕੀ ਤੁਸੀਂ ਨਹੀਂ ਵੇਖਿਆ ਕਿ ਉਹ (ਕਵੀ) ਹਰੇਕ ਖ਼ਿਆਲੀ ਘਾਟੀ ਵਿਚ ਟੱਕਰਾਂ ਮਾਰਦੇ ਫਿਰਦੇ ਹਨ?

أَلَمْ تَرَ أَنَّهُمْ فِي كُلِّ وَادٍ يَهِيمُونَ ﴿225﴾

وَأَنَّهُمْ يَقُولُونَ مَا لَا يَفْعَلُونَ ﴿٢٢٦﴾

226 ਅਤੇ ਉਹ ਅਜਿਹੀਆਂ ਗੱਲਾਂ ਕਹਿੰਦੇ ਹਨ ਜੋ ਉਹ ਆਪ ਨਹੀਂ ਕਰਦੇ।

إِلَّا الَّذِينَ آمَنُوا وَعَمِلُوا الصَّالِحَاتِ وَذَكَرُوا اللَّهَ كَثِيرًا وَانْتَصَرُوا مِنْ بَعْدِ مَا ظُلِمُوا ۗ وَسَيَعْلَمُ الَّذِينَ ظَلَمُوا أَيَّ مُنْقَلَبٍ يَنْقَلِبُونَ ﴿٢٢٧﴾

227 ਛੁੱਟ ਉਹਨਾਂ (ਕਵੀਆਂ) ਤੋਂ ਜਿਹੜੇ ਈਮਾਨ ਲਿਆਏ ਅਤੇ ਚੰਗੇ ਕੰਮ ਕੀਤੇ ਅਤੇ ਅੱਲਾਹ ਨੂੰ ਵੀ ਵੱਧ ਤੋਂ ਵੱਧ ਯਾਦ ਕੀਤਾ ਅਤੇ ਜਦੋਂ ਉਹਨਾਂ 'ਤੇ ਜ਼ੁਲਮ ਹੋਇਆ ਤਾਂ ਉਹਨਾਂ ਨੇ ਉਸ ਦਾ ਬਦਲਾ (ਕਲਮ ਤੇ ਹਥਿਆਰ) ਰਾਹੀਂ ਲਿਆ। ਜ਼ਾਲਮ ਛੇਤੀ ਹੀ ਜਾਣ ਲੈਣਗੇ ਕਿ ਕਿਸ (ਦੁਖਦਾਈ) ਪਰਤਣ ਵਾਲੀ ਥਾਂ ਉਹ ਪਰਤਣਗੇ।

27. ਸੂਰਤ ਅਨ-ਨਮਲ (ਮੱਕੀ-48)

سُورَةُ النَّمْلِ

(ਆਇਤਾਂ 93, ਰੁਕੂਅ 7)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

طس ۚ تِلْكَ آيَاتُ الْقُرْآنِ وَكِتَابٍ مُبِينٍ ﴿١﴾

1. ਤਾ, ਸੀਨ। ਇਹ ਕੁਰਆਨ ਅਤੇ ਖੋਲ੍ਹ ਕੇ ਵਿਖਾਉਣ ਵਾਲੀ ਕਿਤਾਬ ਦੀਆਂ ਆਇਤਾਂ ਹਨ।

هُدًى وَبُشْرَىٰ لِلْمُؤْمِنِينَ ﴿٢﴾

2. (ਇਹ ਕੁਰਆਨ) ਹਿਦਾਇਤ ਅਤੇ ਖ਼ੁਸ਼ਖ਼ਬਰੀ ਹੈ ਉਹਨਾਂ ਈਮਾਨ ਵਾਲਿਆਂ ਲਈ।

الَّذِينَ يُقِيمُونَ الصَّلَاةَ وَيُؤْتُونَ الزَّكَاةَ وَهُمْ بِالْآخِرَةِ هُمْ يُوقِنُونَ ﴿٣﴾

3. ਜਿਹੜੇ (ਈਮਾਨ ਵਾਲੇ) ਨਮਾਜ਼ਾਂ ਕਾਇਮ ਕਰਦੇ ਹਨ ਅਤੇ ਜ਼ਕਾਤ ਅਦਾ ਕਰਦੇ ਹਨ ਅਤੇ ਆਖ਼ਿਰਤ ਉੱਤੇ ਪੂਰਾ ਵਿਸ਼ਵਾਸ ਰੱਖਦੇ ਹਨ।

إِنَّ الَّذِينَ لَا يُؤْمِنُونَ بِالْآخِرَةِ زَيَّنَّا لَهُمْ أَعْمَالَهُمْ فَهُمْ يَعْمَهُونَ ﴿٤﴾

4. ਜਿਹੜੇ ਲੋਕੀ ਕਿਆਮਤ ਵਾਪਰਨ 'ਤੇ ਈਮਾਨ ਨਹੀਂ ਰੱਖਦੇ, ਅਸੀਂ ਉਹਨਾਂ ਦੀਆਂ ਕਰਤੂਤਾਂ ਨੂੰ ਉਹਨਾਂ ਲਈ ਸ਼ੋਭਾਵਾਨ ਬਣਾ ਦਿੰਦੇ ਹਾਂ, ਸੋ ਉਹ ਭਟਕੇ ਫਿਰਦੇ ਹਨ।

5. ਇਹੋ ਉਹ ਲੋਕ ਹਨ ਜਿਨ੍ਹਾਂ ਲਈ ਕਰੜੀਆਂ ਸਜ਼ਾਵਾਂ ਹਨ ਅਤੇ ਆਖ਼ਿਰਤ ਵਿਚ ਵੀ ਉਹ ਸਭ ਤੋਂ ਵੱਧ ਘਾਟੇ ਵਿਚ ਰਹਿਣਗੇ।

أُولَٰٓئِكَ ٱلَّذِينَ لَهُمْ سُوٓءُ ٱلْعَذَابِ وَهُمْ فِى ٱلْءَاخِرَةِ هُمُ ٱلْأَخْسَرُونَ ﴿٥﴾

6. (ਹੇ ਨਬੀ!) ਨਿਰਸੰਦੇਹ, ਤੁਹਾਨੂੰ ਇਕ ਹਕੀਮ (ਯੁਕਤੀਮਾਨ) ਤੇ ਜਾਣਨਹਾਰ (ਅੱਲਾਹ) ਵੱਲੋਂ ਇਹ ਕੁਰਆਨ ਸਿਖਾਇਆ ਜਾ ਰਿਹਾ ਹੈ।

وَإِنَّكَ لَتُلَقَّى ٱلْقُرْءَانَ مِن لَّدُنْ حَكِيمٍ عَلِيمٍ ﴿٦﴾

7. (ਉਸ ਵੇਲੇ ਦੀ ਗੱਲ ਸੁਣਾਓ) ਜਦੋਂ ਮੂਸਾ ਨੇ ਆਪਣੀ ਪਤਨੀ ਨੂੰ ਕਿਹਾ ਸੀ ਕਿ ਮੈਂ ਨੇ ਅੱਗ ਵੇਖੀ ਹੈ। ਮੈਂ ਹੁਣੇ ਉੱਥੋਂ ਤੁਹਾਡੇ ਲਈ ਕੋਈ ਖ਼ਬਰ ਜਾਂ ਕੋਈ ਅੱਗ ਦਾ ਬਲਦਾ ਹੋਇਆ ਅੰਗਿਆਰਾ ਲਿਆਉਂਦਾ ਹਾਂ ਤਾਂ ਜੋ ਤੁਸੀਂ ਸੇਕ ਸਕੋ।

إِذْ قَالَ مُوسَىٰ لِأَهْلِهِۦٓ إِنِّىٓ ءَانَسْتُ نَارًا سَـَٔاتِيكُم مِّنْهَا بِخَبَرٍ أَوْ ءَاتِيكُم بِشِهَابٍ قَبَسٍ لَّعَلَّكُمْ تَصْطَلُونَ ﴿٧﴾

8. ਜਦੋਂ (ਮੂਸਾ) ਉਸ ਅੱਗ ਕੋਲ ਪਹੁੰਚਿਆ ਤਾਂ ਆਵਾਜ਼ ਆਈ ਕਿ ਬਰਕਤਾਂ ਵਾਲਾ ਹੈ ਉਹ (ਅੱਲਾਹ) ਜਿਹੜਾ ਇਸ ਅੱਗ (ਨੂਰ) ਵਿਚ ਹੈ ਅਤੇ ਜੋ ਇਸ ਦੇ ਆਲੇ-ਦੁਆਲੇ ਹੈ ਅਤੇ ਅੱਲਾਹ ਪਾਕ ਹੈ ਜੋ ਕਿ ਸਾਰੇ ਜਹਾਨਾਂ ਦਾ ਮਾਲਿਕ ਹੈ।

فَلَمَّا جَآءَهَا نُودِىَ أَنۢ بُورِكَ مَن فِى ٱلنَّارِ وَمَنْ حَوْلَهَا وَسُبْحَٰنَ ٱللَّهِ رَبِّ ٱلْعَٰلَمِينَ ﴿٨﴾

9. ਹੇ ਮੂਸਾ! ਬੇਸ਼ੱਕ ਮੈਂ ਹੀ ਅੱਲਾਹ ਹਾਂ। ਜੋ ਕਿ ਡਾਢਾ ਜ਼ੋਰਾਵਰ ਤੇ ਯੁਕਤੀਮਾਨ ਹੈ।

يَٰمُوسَىٰٓ إِنَّهُۥٓ أَنَا ٱللَّهُ ٱلْعَزِيزُ ٱلْحَكِيمُ ﴿٩﴾

10. (ਅੱਲਾਹ ਨੇ ਕਿਹਾ ਕਿ) ਤੂੰ ਆਪਣੀ ਸੋਟੀ ਸੁੱਟ ਦੇ। ਜਦੋਂ (ਮੂਸਾ ਨੇ ਸੋਟੀ ਸੁੱਟੀ ਤਾਂ) ਵੇਖਿਆ ਕਿ ਉਹ ਤਾਂ ਇੰਜ ਹਿਲ ਰਹੀ ਹੈ ਜਿਵੇਂ ਕੋਈ ਸੱਪ ਹੋਵੇ ਤਾਂ ਉਹ ਪਿਠ ਫੇਰ ਕੇ ਨੱਸਿਆ ਪਿਛਾਂ ਮੁੜ ਕੇ ਵੀ ਨਹੀਂ ਵੇਖਿਆ। (ਅੱਲਾਹ ਨੇ ਫ਼ਰਮਾਇਆ) ਹੇ ਮੂਸਾ! ਡਰਣਾ ਨਹੀਂ, ਮੇਰੀ ਹਜ਼ੂਰੀ ਵਿਚ ਪੈਗ਼ੰਬਰ ਡਰਿਆ ਨਹੀਂ ਕਰਦੇ।

وَأَلْقِ عَصَاكَ ۚ فَلَمَّا رَءَاهَا تَهْتَزُّ كَأَنَّهَا جَآنٌّ وَلَّىٰ مُدْبِرًا وَلَمْ يُعَقِّبْ ۚ يَٰمُوسَىٰ لَا تَخَفْ إِنِّى لَا يَخَافُ لَدَىَّ ٱلْمُرْسَلُونَ ﴿١٠﴾

11. ਪਰ ਜਿਨ੍ਹੇ ਜ਼ੁਲਮ ਕੀਤਾ ਫੇਰ ਉਸ ਨੇ ਬੁਰਾਈ ਤੋਂ ਮਗਰੋਂ (ਭੈੜੇ ਅਮਲਾਂ ਨੂੰ) ਬਦਲ ਕੇ ਨੇਕੀ ਕੀਤੀ ਤਾਂ (ਅਜਿਹੇ ਵਿਅਕਤੀ ਲਈ) ਨਿਰਸੰਦੇਹ, ਮੈਂ ਬਖ਼ਸ਼ਣਹਾਰ ਤੇ ਮਿਹਰਬਾਨ ਹਾਂ।

إِلَّا مَنْ ظَلَمَ ثُمَّ بَدَّلَ حُسْنًا بَعْدَ سُوٓءٍ فَإِنِّي غَفُورٌ رَّحِيمٌ ﴿١١﴾

12. (ਹੇ ਮੂਸਾ!) ਆਪਣਾ ਹੱਥ ਆਪਣੇ ਗਲਾਵੇਂ ਵਿਚ ਪਾ, ਉਹ ਸਫ਼ੈਦ ਤੇ ਲਿਸ਼ਕਦਾ ਹੋਇਆ ਬੇ-ਐਬ ਨਿਕਲੇਗਾ। ਇਹ (ਦੋ ਨਿਸ਼ਾਨੀਆਂ) ਉਹਨਾਂ ਨੌ ਨਿਸ਼ਾਨੀਆਂ (ਰੱਬੀ ਚਮਤਕਾਰਾਂ) ਵਿੱਚੋਂ ਹਨ (ਜਿਨ੍ਹਾਂ ਦੇ ਨਾਲ) ਤੁਹਾਨੂੰ ਫ਼ਿਰਔਨ ਤੇ ਉਸ ਦੀ ਕੌਮ ਵੱਲ ਭੇਜਿਆ ਗਿਆ ਹੈ। ਬੇਸ਼ੱਕ ਉਹ ਨਾ ਫ਼ਰਮਾਨ ਲੋਕ ਹਨ।

وَأَدْخِلْ يَدَكَ فِي جَيْبِكَ تَخْرُجْ بَيْضَآءَ مِنْ غَيْرِ سُوٓءٍ فِي تِسْعِ ءَايَٰتٍ إِلَىٰ فِرْعَوْنَ وَقَوْمِهِۦٓ إِنَّهُمْ كَانُوا قَوْمًا فَٰسِقِينَ ﴿١٢﴾

13. ਜਦੋਂ ਉਹਨਾਂ (ਫ਼ਿਰਔਨੀਆਂ) ਕੋਲ ਸਪਸ਼ਟ ਮੁਅਜਜ਼ੇ (ਰੱਬੀ ਚਮਤਕਾਰ) ਪਹੁੰਚੇ ਤਾਂ ਉਹ ਕਹਿਣ ਲੱਗੇ ਕਿ ਇਹ ਤਾਂ ਖੁੱਲ੍ਹਾ ਜਾਦੂ ਹੈ।

فَلَمَّا جَآءَتْهُمْ ءَايَٰتُنَا مُبْصِرَةً قَالُوا هَٰذَا سِحْرٌ مُّبِينٌ ﴿١٣﴾

14. ਉਹਨਾਂ (ਫ਼ਿਰਔਨੀਆਂ) ਨੇ ਜ਼ੁਲਮ ਤੇ ਹੰਕਾਰ ਨਾਲ ਉਹਨਾਂ (ਨਿਸ਼ਾਨੀਆਂ) ਦਾ ਇਨਕਾਰ ਕੀਤਾ ਜਦੋਂ ਕਿ ਉਹਨਾਂ ਦੇ ਦਿਲਾਂ ਨੇ ਮੰਨ ਲਿਆ ਸੀ। ਫੇਰ ਵੇਖੋ ਉਹਨਾਂ ਇਨਕਾਰੀਆਂ ਦਾ ਅੰਤ ਕਿਹੋ ਜਿਹਾ ਹੋਇਆ ਸੀ।

وَجَحَدُوا بِهَا وَٱسْتَيْقَنَتْهَآ أَنفُسُهُمْ ظُلْمًا وَعُلُوًّا فَٱنظُرْ كَيْفَ كَانَ عَٰقِبَةُ ٱلْمُفْسِدِينَ ﴿١٤﴾

15. ਬੇਸ਼ੱਕ ਅਸੀਂ ਦਾਊਦ ਤੇ ਸੁਲੇਮਾਨ ਨੂੰ (ਵਿਸ਼ੇਸ਼) ਗਿਆਨ ਬਖ਼ਸ਼ਿਆ ਅਤੇ ਉਹਨਾਂ ਦੋਵਾਂ ਨੇ ਕਿਹਾ ਕਿ ਸਾਰੀਆਂ ਤਾਰੀਫ਼ਾਂ ਤੇ ਸ਼ੁਕਰਾਨੇ ਉਸੇ ਅੱਲਾਹ ਲਈ ਹਨ ਜਿਸ ਨੇ ਸਾਨੂੰ ਆਪਣੇ ਬਹੁਤ ਸਾਰੇ ਈਮਾਨ ਵਾਲੇ ਬੰਦਿਆਂ ਉੱਤੇ ਵਡਿਆਈ ਬਖ਼ਸ਼ੀ।

وَلَقَدْ ءَاتَيْنَا دَاوُۥدَ وَسُلَيْمَٰنَ عِلْمًا وَقَالَا ٱلْحَمْدُ لِلَّهِ ٱلَّذِي فَضَّلَنَا عَلَىٰ كَثِيرٍ مِّنْ عِبَادِهِ ٱلْمُؤْمِنِينَ ﴿١٥﴾

16. ਅਤੇ ਅਸੀਂ ਦਾਊਦ ਦਾ ਵਾਰਸ ਸੁਲੇਮਾਨ ਨੂੰ ਬਣਾਇਆ ਤੇ ਉਸ ਨੇ ਆਖਿਆ ਕਿ ਹੇ ਲੋਕੋ! ਸਾਨੂੰ (ਰੱਬ ਨੇ) ਪੰਛੀਆਂ ਦੀਆਂ ਬੋਲੀਆਂ ਸਿਖਾਈਆਂ ਹਨ ਅਤੇ ਸਾਨੂੰ ਹੋਰ ਬਹੁਤ ਕੁੱਝ ਬਖ਼ਸ਼ਿਆ ਹੋਇਆ ਹੈ। ਬੇਸ਼ੱਕ ਇਹ ਸਭ ਸਪਸ਼ਟ ਰੂਪ ਵਿਚ (ਅੱਲਾਹ ਦੀ) ਕ੍ਰਿਪਾਲਤਾ ਹੈ।

وَوَرِثَ سُلَيْمٰنُ دَاوٗدَ وَقَالَ يٰۤاَيُّهَا النَّاسُ
عُلِّمْنَا مَنْطِقَ الطَّيْرِ وَاُوْتِيْنَا مِنْ كُلِّ شَيْءٍ ؕ
اِنَّ هٰذَا لَهُوَ الْفَضْلُ الْمُبِيْنُ ⑯

17. ਸੁਲੇਮਾਨ ਦੇ ਹਜ਼ੂਰ ਜਿੰਨਾਂ, ਮਨੁੱਖਾਂ ਅਤੇ ਪੰਛੀਆਂ ਦੇ ਦਲ ਇਕੱਤਰ ਕੀਤੇ ਗਏ, ਉਹਨਾਂ ਸਭ ਦੀਆਂ ਵੱਖ-ਵੱਖ ਟੋਲੀਆਂ ਬਣਾਈਆਂ ਗਈਆਂ ਸਨ।

وَحُشِرَ لِسُلَيْمٰنَ جُنُوْدُهٗ مِنَ الْجِنِّ وَالْاِنْسِ
وَالطَّيْرِ فَهُمْ يُوْزَعُوْنَ ⑰

18. (ਇਕ ਵਾਰ) ਜਦੋਂ ਉਹ (ਸੁਲੇਮਾਨ ਤੇ ਉਸ ਦੀਆਂ ਫ਼ੌਜਾਂ) ਕੀੜੀਆਂ ਦੀ ਘਾਟੀ ਵਿਚ ਦੀ ਲੰਘ ਰਹੇ ਸੀ ਤਾਂ ਇਕ ਕੀੜੀ ਨੇ ਕਿਹਾ ਕਿ ਹੇ ਕੀੜੀਓ! ਆਪਣੀ ਆਪਣੀ ਖੁੱਡਾਂ ਵਿਚ ਜਾ ਵੜੋ, ਕਿਤੇ ਇੰਜ ਨਾ ਹੋਵੇ ਕਿ (ਬੇਧਿਆਨੀ ਵਿਚ) ਸੁਲੇਮਾਨ ਅਤੇ ਉਸ ਦੀਆਂ ਫ਼ੌਜਾਂ ਤੁਹਾਨੂੰ ਲਤਾੜ ਸੁੱਟਣ ਅਤੇ ਉਹਨਾਂ ਨੂੰ ਇਸ ਦੀ ਖ਼ਬਰ ਵੀ ਨਾ ਹੋਵੇ।

حَتّٰۤى اِذَاۤ اَتَوْا عَلٰى وَادِ النَّمْلِ ۙ قَالَتْ نَمْلَةٌ
يّٰۤاَيُّهَا النَّمْلُ ادْخُلُوْا مَسٰكِنَكُمْ ۚ لَا يَحْطِمَنَّكُمْ
سُلَيْمٰنُ وَجُنُوْدُهٗ ۙ وَهُمْ لَا يَشْعُرُوْنَ ⑱

19. ਇਸ (ਕੀੜੀ) ਦੀ ਇਹ ਗੱਲ ਸੁਣ ਕੇ ਸੁਲੇਮਾਨ ਮੁਸਕੜੀਂ ਹੱਸ ਪਿਆ ਅਤੇ ਆਖਣ ਲੱਗਾ ਕਿ ਹੇ ਮੇਰੇ ਮਾਲਿਕ। ਤੂੰ ਮੈਨੂੰ ਇਹ ਬਲ ਬਖ਼ਸ਼ ਕਿ ਮੈਂ ਤੇਰੇ ਉਹਨਾਂ ਸਾਰੀਆਂ ਨਿਅਮਤਾਂ ਦਾ ਸ਼ੁਕਰ ਅਦਾ ਕਰਦਾ ਰਹਾਂ, ਜਿਹੜੀਆਂ ਕੀ ਤੈਨੇ ਮੈਨੂੰ ਅਤੇ ਮੇਰੇ ਮਾਂ ਪਿਓ ਨੂੰ ਬਖ਼ਸ਼ੀਆਂ ਹਨ। ਇਸ ਗੱਲ ਲਈ ਵੀ (ਦੁਆਂ ਮੰਗਦਾ ਹਾਂ) ਕਿ ਮੈਂ ਅਜਿਹੇ ਭਲੇ ਕੰਮ ਕਰਾਂ ਜਿਹੜੇ ਤੂੰ ਪਸੰਦ ਕਰੇ ਅਤੇ ਆਪਣੀ ਮਿਹਰ ਸਦਕਾ ਆਪਣੇ ਨੇਕ ਬੰਦਿਆਂ ਵਿਚ ਸ਼ਾਮਿਲ ਕਰ ਲੈ।

فَتَبَسَّمَ ضَاحِكًا مِّنْ قَوْلِهَا وَقَالَ رَبِّ اَوْزِعْنِيْۤ
اَنْ اَشْكُرَ نِعْمَتَكَ الَّتِيْۤ اَنْعَمْتَ عَلَيَّ وَعَلٰى
وَالِدَيَّ وَاَنْ اَعْمَلَ صَالِحًا تَرْضٰىهُ وَاَدْخِلْنِيْ
بِرَحْمَتِكَ فِيْ عِبَادِكَ الصّٰلِحِيْنَ ⑲

20 (ਇਕ ਵਾਰ) ਜਦੋਂ ਉਹ (ਸੁਲੇਮਾਨ) ਨੇ ਪੰਛੀਆਂ ਦੀ ਜਾਂਚ-ਪੜਤਾਲ ਕੀਤੀ ਤਾਂ ਆਖਣ ਲੱਗਾ, ਕੀ ਗੱਲ ਹੈ ਕਿ ਮੈਂ ਹੁਦ ਹੁਦ (ਚੱਕੀਰਾਹੇ) ਨੂੰ ਨਹੀਂ ਵੇਖ ਰਿਹਾ, ਕੀ ਉਹ ਕਿਤੇ ਗ਼ਾਇਬ ਹੋ ਗਿਆ ਹੈ?

وَتَفَقَّدَ الطَّيْرَ فَقَالَ مَا لِيَ لَا أَرَى الْهُدْهُدَ أَمْ كَانَ مِنَ الْغَائِبِينَ ٢٠

21 ਮੈਂ ਉਸ ਨੂੰ ਕਰੜੀ ਸਜ਼ਾ ਦਿਆਂਗਾ ਜਾਂ ਉਸ ਨੂੰ ਜ਼ਿਬਹ ਕਰ ਦਿਆਂਗਾ (ਭਾਵ ਮਾਰ ਦਿਆਂਗਾ) ਜਾਂ ਮੇਰੇ ਸਾਹਮਣੇ ਕੋਈ ਠੋਸ ਦਲੀਲ ਪੇਸ਼ ਕਰੇ।

لَأُعَذِّبَنَّهُ عَذَابًا شَدِيدًا أَوْ لَأَذْبَحَنَّهُ أَوْ لَيَأْتِيَنِّي بِسُلْطَانٍ مُبِينٍ ٢١

22 ਬਹੁਤੀ ਦੇਰ ਨਹੀਂ ਸੀ ਹੋਈ ਕਿ ਉਹ (ਹੁਦ ਹੁਦ) ਆ ਗਿਆ ਅਤੇ ਕਿਹਾ ਕਿ ਮੈਂ ਉਹ ਜਾਣਕਾਰੀ ਲੈ ਕੇ ਆਇਆ ਹਾਂ ਜਿਸਦਾ ਤੁਹਾਨੂੰ ਕੁੱਝ ਵੀ ਪਤਾ ਨਹੀਂ, ਮੈਂ ਸਬਾ (ਦੇਸ਼) ਬਾਰੇ ਇਕ ਸੱਚੀ ਸੂਚਨਾ ਤੁਹਾਡੇ ਕੋਲ ਲੈ ਕੇ ਆਇਆ ਹਾਂ।

فَمَكَثَ غَيْرَ بَعِيدٍ فَقَالَ أَحَطتُ بِمَا لَمْ تُحِطْ بِهِ وَجِئْتُكَ مِنْ سَبَإٍ بِنَبَإٍ يَقِينٍ ٢٢

23 ਮੈਂ ਵੇਖਿਆ ਕਿ ਉੱਥੇ ਇਕ ਇਸਤਰੀ ਰਾਜ ਕਰ ਰਹੀ ਹੈ ਜਿਸ ਨੂੰ ਹਰ ਪ੍ਰਕਾਰ ਦੀਆਂ (ਲੋੜੀਂਦੀਆਂ) ਚੀਜ਼ਾਂ ਬਖ਼ਸ਼ੀਆਂ ਗਈਆਂ ਹਨ ਅਤੇ ਉਸ ਦਾ ਤਖ਼ਤ (ਸਿੰਘਾਸਨ) ਬਹੁਤ ਹੀ ਸ਼ਾਨਦਾਰ ਹੈ।

إِنِّي وَجَدتُّ امْرَأَةً تَمْلِكُهُمْ وَأُوتِيَتْ مِنْ كُلِّ شَيْءٍ وَلَهَا عَرْشٌ عَظِيمٌ ٢٣

24 ਮੈਂ ਵੇਖਿਆ ਕਿ ਉਹ ਤੇ ਉਸ ਦੀ ਕੌਮ ਰੱਬ ਨੂੰ ਛੱਡ ਕੇ ਸੂਰਜ ਨੂੰ ਪੂਜਦੀ ਹੈ ਅਤੇ ਸ਼ੈਤਾਨ ਨੇ ਉਹਨਾਂ ਦੇ ਇਹਨਾਂ ਕੰਮਾਂ ਨੂੰ ਉਹਨਾਂ ਲਈ ਸੋਹਣੇ ਕਰ ਵਿਖਾਇਆ ਹੈ ਅਤੇ ਉਹਨਾਂ ਨੂੰ ਸਿੱਧੇ ਰਾਹ ਤੋਂ ਰੋਕ ਦਿੱਤਾ ਹੈ। ਹੁਣ ਉਹ ਹਿਦਾਇਤ ਵੱਲ ਨਹੀਂ ਆਉਂਦੇ।

وَجَدتُّهَا وَقَوْمَهَا يَسْجُدُونَ لِلشَّمْسِ مِنْ دُونِ اللَّهِ وَزَيَّنَ لَهُمُ الشَّيْطَانُ أَعْمَالَهُمْ فَصَدَّهُمْ عَنِ السَّبِيلِ فَهُمْ لَا يَهْتَدُونَ ٢٤

25 ਕਿ ਉਹ ਉਸ ਅੱਲਾਹ ਨੂੰ ਸਿਜਦਾ ਕਰਨ ਜਿਹੜਾ ਅਕਾਸ਼ਾਂ ਤੇ ਧਰਤੀ ਦੀਆਂ ਸਾਰੀਆਂ ਲੁਕੀਆਂ ਹੋਇਆ ਚੀਜ਼ਾਂ ਨੂੰ ਬਾਹਰ ਕੱਢਦਾ ਹੈ ਅਤੇ ਤੁਸੀਂ ਜੋ

أَلَّا يَسْجُدُوا لِلَّهِ الَّذِي يُخْرِجُ الْخَبْءَ فِي السَّمَاوَاتِ وَالْأَرْضِ وَيَعْلَمُ مَا تُخْفُونَ وَمَا تُعْلِنُونَ ٢٥

ਵੀ (ਲੋਕਾਂ ਤੋਂ) ਲੁਕਾਉਂਦੇ ਹੋ ਅਤੇ ਵਿਖਾਉਂਦੇ ਹੋ ਉਹ (ਅੱਲਾਹ) ਸਭ ਜਾਣਦਾ ਹੈ।

26 ਅੱਲਾਹ ਤੋਂ ਛੁੱਟ ਹੋਰ ਕੋਈ ਵੀ ਬੰਦਗੀ ਦੇ ਯੋਗ ਨਹੀਂ, ਉਹੀਓ ਵਡਿਆਈ ਵਾਲੇ ਅਰਸ਼ ਦਾ ਮਾਲਿਕ ਹੈ।

اَللّٰهُ لَآ اِلٰهَ اِلَّا هُوَ رَبُّ الْعَرْشِ الْعَظِيْمِ ۩ 26

27 (ਸੁਲੇਮਾਨ ਨੇ ਹੁਦ ਹੁਦ ਨੂੰ) ਕਿਹਾ ਕਿ ਅਸੀਂ ਹੁਣੇ ਵੇਖਾਂਗੇ ਕਿ ਤੂੰ ਸੱਚ ਕਿਹਾ ਹੈ ਜਾਂ ਝੂਠਿਆਂ ਵਿੱਚੋਂ ਹੈਂ।

قَالَ سَنَنْظُرُ اَصَدَقْتَ اَمْ كُنْتَ مِنَ الْكٰذِبِيْنَ 27

28 ਮੇਰੀ ਇਸ ਚਿੱਠੀ ਨੂੰ ਲੈ ਜਾ ਤੇ ਉਹਨਾਂ ਵੱਲ ਘੱਲ ਆ, ਫੇਰ ਉਹਨਾਂ ਤੋਂ ਪਰਾਂ ਹੱਟ ਕੇ ਵੇਖ ਕਿ ਉਹ ਕੀ ਕਹਿੰਦੇ ਹਨ।

اِذْهَبْ بِّكِتٰبِيْ هٰذَا فَاَلْقِهْ اِلَيْهِمْ ثُمَّ تَوَلَّ
عَنْهُمْ فَانْظُرْ مَاذَا يَرْجِعُوْنَ 28

29. (ਜਦੋਂ ਸਬਾ ਦੀ ਰਾਣੀ ਬਿਲਕੀਸ ਨੇ ਚਿੱਠੀ ਵੇਖੀ ਤਾਂ) ਉਹ ਕਹਿਣ ਲੱਗੀ ਕਿ ਹੇ ਦਰਬਾਰੀਓ, ਮੇਰੇ ਕੋਲ ਇਕ ਬਹੁਤ ਹੀ ਮਹੱਤਵ ਪੂਰਨ ਚਿੱਠੀ ਆਈ ਹੈ।

قَالَتْ يٰۤاَيُّهَا الْمَلَؤُا اِنِّيْۤ اُلْقِيَ اِلَيَّ كِتٰبٌ كَرِيْمٌ 29

30 ਨਿਰਸੰਦੇਹ, ਇਹ (ਚਿੱਠੀ) ਸੁਲੇਮਾਨ (ਬਾਦਸ਼ਾਹ) ਵੱਲੋਂ ਆਈ ਹੈ ਅਤੇ ਇਸ ਦਾ ਆਰੰਭ ਅਤਿਅੰਤ ਮਿਹਰਬਾਨ ਅੱਲਾਹ ਦੇ ਨਾਂ ਨਾਲ ਕੀਤਾ ਗਿਆ ਹੈ।

اِنَّهٗ مِنْ سُلَيْمٰنَ وَاِنَّهٗ بِسْمِ اللّٰهِ الرَّحْمٰنِ
الرَّحِيْمِ 30

31 (ਉਸ ਵਿਚ ਲਿਖਿਆ ਹੈ) ਕਿ ਤੂੰ ਮੇਰੇ ਮੁਕਾਬਲੇ ਵਿਚ ਸਰਕਸ਼ੀ ਨਾ ਕਰ ਅਤੇ ਮੁਸਲਮਾਨ (ਫ਼ਰਮਾਂਬਰਦਾਰ) ਬਣਕੇ ਮੇਰੇ ਕੋਲ ਹਾਜ਼ਿਰ ਹੋਵੋਂ।

اَلَّا تَعْلُوْا عَلَيَّ وَاْتُوْنِيْ مُسْلِمِيْنَ 31

32. ਉਸ (ਰਾਣੀ) ਨੇ ਕਿਹਾ ਕਿ ਹੇ ਮੇਰੇ ਦਰਬਾਰੀਓ! ਤੁਸੀਂ ਮੈਨੂੰ ਇਸ ਮੁਆਮਲੇ ਵਿਚ ਸਲਾਹ ਦਿਓ, ਮੈਂ ਕੋਈ ਵੀ ਫ਼ੈਸਲਾ ਤੁਹਾਥੋਂ ਬਿਨਾਂ ਨਹੀਂ ਕਰਦੀ।

قَالَتْ يٰۤاَيُّهَا الْمَلَؤُا اَفْتُوْنِيْ فِيْۤ اَمْرِيْ مَا كُنْتُ
قَاطِعَةً اَمْرًا حَتّٰى تَشْهَدُوْنِ 32

33. ਉਹਨਾਂ (ਅਫ਼ਸਰਾਂ) ਨੇ (ਸਲਾਹ ਦਿੰਦੇ) ਕਿਹਾ ਕਿ ਅਸੀਂ ਸ਼ਕਤੀਸ਼ਾਲੀ ਅਤੇ ਯੋਧੇ ਹਾਂ, ਅੱਗੋ ਫ਼ੈਸਲਾ

قَالُوْا نَحْنُ اُولُوْا قُوَّةٍ وَّاُولُوْا بَاْسٍ شَدِيْدٍ ۙ
وَّالْاَمْرُ اِلَيْكِ فَانْظُرِيْ مَاذَا تَاْمُرِيْنَ 33

ਕਰਨ ਦੇ ਸਾਰੇ ਅਧਿਕਾਰ ਤੁਹਾਡੇ ਹੱਥ ਵਿਚ ਹਨ। ਤੁਸੀਂ ਵੇਖੋ ਕਿ ਤੁਸੀਂ ਸਾਨੂੰ ਕੀ ਹੁਕਮ ਦੇਣਾ ਹੈ।

34 ਉਸ (ਰਾਣੀ) ਨੇ ਕਿਹਾ ਕਿ ਜਦੋਂ ਬਾਦਸ਼ਾਹ ਕਿਸੇ ਦੇਸ਼ ਵਿਚ ਆ ਘੁਸਦੇ ਹਨ ਤਾਂ ਉਸ ਨੂੰ ਉਜਾੜ ਦਿੰਦੇ ਹਨ ਅਤੇ ਉਸ ਦੇ ਪਤਵੰਤੇ ਸੱਜਨਾਂ ਦਾ ਨਿਰਾਦਰ ਕਰਦੇ ਹਨ (ਲੱਗਦਾ ਹੈ) ਇਹ ਲੋਕੀ ਵੀ ਇੰਜ ਹੀ ਕਰਨਗੇ।

قَالَتْ إِنَّ الْمُلُوكَ إِذَا دَخَلُوا قَرْيَةً أَفْسَدُوهَا وَجَعَلُوا أَعِزَّةَ أَهْلِهَا أَذِلَّةً ۖ وَكَذَٰلِكَ يَفْعَلُونَ 34

35 ਮੈਂ ਉਹਨਾਂ ਵੱਲ ਇਕ ਸੁਗਾਤ ਭੇਜਦੀ ਹਾਂ, ਫੇਰ ਵੇਖਦੀ ਹਾਂ ਕਿ ਮੇਰੇ ਦੂਤ ਕੀ ਜਵਾਬ ਲੈਕੇ ਆਉਂਦੇ ਹਨ।

وَإِنِّي مُرْسِلَةٌ إِلَيْهِم بِهَدِيَّةٍ فَنَاظِرَةٌ بِمَ يَرْجِعُ الْمُرْسَلُونَ 35

36. ਜਦੋਂ ਦੂਤ ਸੁਲੇਮਾਨ ਕੋਲ ਪਹੁੰਚਿਆ ਤਾਂ ਆਪ ਜੀ ਨੇ ਪੁੱਛਿਆ, ਕੀ ਤੁਸੀਂ ਦੌਲਤ ਨਾਲ ਮੇਰੀ ਸਹਾਇਤਾ ਕਰਨਾ ਚਾਹੁੰਦੇ ਹੋ? ਮੈਨੂੰ ਅੱਲਾਹ ਨੇ ਜੋ ਬਖ਼ਸ਼ਿਆ ਹੈ, ਉਹ ਉਸ ਤੋਂ ਕਿਤੇ ਵਧੇਰੇ ਹੈ ਜੋ ਉਸ ਨੇ ਤੁਹਾਨੂੰ ਦਿੱਤਾ ਹੋਇਆ ਹੈ। ਇਹ ਤੁਹਾਡੀ ਸੁਗਾਤ ਤੁਹਾਨੂੰ ਹੀ ਮੁਬਾਰਕ ਹੋਵੇ

فَلَمَّا جَاءَ سُلَيْمَانَ قَالَ أَتُمِدُّونَنِ بِمَالٍ فَمَا آتَانِيَ اللَّهُ خَيْرٌ مِّمَّا آتَاكُم بَلْ أَنتُم بِهَدِيَّتِكُمْ تَفْرَحُونَ 36

37. (ਹੇ ਦੂਤ!) ਜਾ ਪਰਤ ਜਾ ਆਪਣੇ ਭੇਜਣ ਵਾਲੇ ਵੱਲ। ਅਸੀਂ ਉਹਨਾਂ ਦੇ ਉੱਤੇ ਅਜਿਹੀਆਂ ਫ਼ੌਜਾਂ ਲੈਕੇ ਆਵਾਂਗੇ ਜਿਸ ਦਾ ਮੁਕਾਬਲਾ ਕਰਨ ਦੀ ਹਿੰਮਤ ਉਹਨਾਂ ਕੋਲ ਨਹੀਂ ਹੋਵੇਗੀ ਅਤੇ ਅਸੀਂ ਉਹਨਾਂ ਨੂੰ ਜ਼ਲੀਲ ਕਰਕੇ ਉਥਿਓਂ ਬਾਹਰ ਕੱਢ ਦਿਆਂਗੇ, ਕਿ ਉਹ ਹੀਣੇ ਹੋਕੇ ਰਹਿ ਜਾਣਗੇ।

ارْجِعْ إِلَيْهِمْ فَلَنَأْتِيَنَّهُم بِجُنُودٍ لَّا قِبَلَ لَهُم بِهَا وَلَنُخْرِجَنَّهُم مِّنْهَا أَذِلَّةً وَهُمْ صَاغِرُونَ 37

38. ਸੁਲੇਮਾਨ ਨੇ ਆਖਿਆ, ਹੇ ਦਰਬਾਰੀਓ! ਤੁਹਾਡੇ ਵਿੱਚੋਂ ਕੋਈ ਅਜਿਹਾ ਹੈ ਜਿਹੜਾ ਉਹਨਾਂ ਲੋਕਾਂ ਦੇ ਆਗਿਆਕਾਰੀ ਬਣਕੇ ਮੇਰੇ ਕੋਲ ਆਉਣ ਤੋਂ ਪਹਿਲਾਂ ਪਹਿਲਾਂ ਉਸ (ਰਾਣੀ) ਦਾ ਤਖ਼ਤ ਮੇਰੇ ਕੋਲ ਲੈ ਆਵੇ।

قَالَ يَا أَيُّهَا الْمَلَأُ أَيُّكُمْ يَأْتِينِي بِعَرْشِهَا قَبْلَ أَن يَأْتُونِي مُسْلِمِينَ 38

39 ਜਿੰਨਾਂ ਵਿੱਚੋਂ ਇਕ ਤਕੜੇ ਜਿੰਨ ਨੇ ਕਿਹਾ ਕਿ ਇਸ ਤੋਂ ਪਹਿਲਾਂ ਕਿ ਤੁਸੀਂ ਇਸ ਥਾਂ ਤੋਂ ਉੱਠੋ, ਮੈਂ ਉਸ (ਤਖ਼ਤ) ਨੂੰ ਤੁਹਾਡੇ ਕੋਲ ਲੈ ਆਵਾਂਗਾ। ਬੇਸ਼ੱਕ ਮੈਂ ਇਸ ਦੀ ਤਾਕਤ ਰੱਖਦਾ ਹਾਂ ਅਤੇ ਮੈਂ ਅਮਾਨਤਦਾਰ ਵੀ ਹਾਂ।

قَالَ عِفْرِيتٌ مِّنَ الْجِنِّ أَنَا آتِيكَ بِهِ قَبْلَ أَن تَقُومَ مِن مَّقَامِكَ ۖ وَإِنِّي عَلَيْهِ لَقَوِيٌّ أَمِينٌ ﴿٣٩﴾

40 ਜਿਸ (ਵਿਅਕਤੀ) ਕੋਲ ਕਿਤਾਬ ਦਾ ਗਿਆਨ ਸੀ ਉਹ ਬੋਲਿਆ ਕਿ ਮੈਂ ਉਸ (ਤਖ਼ਤ) ਨੂੰ ਤੁਹਾਡੀ ਅੱਖ ਝਮਕਣ ਤੋਂ ਪਹਿਲਾਂ ਤੁਹਾਡੇ ਕੋਲ ਲੇ ਆਵਾਂਗਾ। ਜਦੋਂ ਸੁਲੇਮਾਨ ਨੇ ਉਸ ਤਖ਼ਤ ਨੂੰ ਆਪਣੇ ਕੋਲ ਰੱਖਿਆ ਹੋਇਆ ਵੇਖਿਆ ਤਾਂ ਆਖਿਆ, ਇਹ ਸਭ ਮੇਰੇ ਰੱਬ ਦੀ ਕ੍ਰਿਪਾਲਤਾ ਹੈ, ਤਾਂ ਜੋ ਉਹ ਮੈਨੂੰ ਪਰਖੇ, ਕੀ ਮੈਂ ਉਸ ਦਾ ਸ਼ੁਕਰ ਅਦਾ ਕਰਦਾ ਹਾਂ ਜਾਂ ਨਾ-ਸ਼ੁਕਰਾ ਹਾਂ? ਜਿਹੜਾ ਵੀ ਕੋਈ ਸ਼ੁਕਰ (ਧੰਨਵਾਦ) ਕਰਦਾ ਹੈ ਉਹ ਆਪਣੇ ਹੀ ਲਈ ਸ਼ੁਕਰ ਅਦਾ ਕਰਦਾ ਹੈ ਜਿਹੜਾ ਕੋਈ ਨਾ-ਸ਼ੁਕਰੀ ਕਰਦਾ ਹੈ (ਚੇਤੇ ਰਹੇ ਕਿ) ਬੇਸ਼ੱਕ ਮੇਰਾ ਰੱਬ ਇਹਨਾਂ ਗੱਲਾਂ ਤੋਂ ਵੱਡਾ ਬੇ-ਪਰਵਾਹ ਹੈ ਅਤੇ ਮਿਹਰਬਾਨ ਹੈ।

قَالَ الَّذِي عِندَهُ عِلْمٌ مِّنَ الْكِتَابِ أَنَا آتِيكَ بِهِ قَبْلَ أَن يَرْتَدَّ إِلَيْكَ طَرْفُكَ ۚ فَلَمَّا رَآهُ مُسْتَقِرًّا عِندَهُ قَالَ هَٰذَا مِن فَضْلِ رَبِّي لِيَبْلُوَنِي أَأَشْكُرُ أَمْ أَكْفُرُ ۖ وَمَن شَكَرَ فَإِنَّمَا يَشْكُرُ لِنَفْسِهِ ۖ وَمَن كَفَرَ فَإِنَّ رَبِّي غَنِيٌّ كَرِيمٌ ﴿٤٠﴾

41. (ਸੁਲੇਮਾਨ ਨੇ) ਹੁਕਮ ਦਿੱਤਾ ਕਿ ਤੁਸੀਂ ਇਸ ਤਖ਼ਤ (ਸਿੰਘਾਸਨ) ਵਿਚ ਕੁੱਝ ਫੇਰ ਬਦਲ ਕਰ ਦਿਓ ਤਾਂ ਜੋ ਪਤਾ ਲੱਗ ਜਾਵੇ ਕਿ ਉਹ ਹਕੀਕਤ ਨੂੰ ਸਮਝਦੀ ਹੈ ਜਾਂ ਉਹਨਾਂ ਵਿੱਚੋਂ ਹੈ ਜਿਹੜੇ ਨਾ-ਸਮਝ ਹਨ।

قَالَ نَكِّرُوا لَهَا عَرْشَهَا نَنظُرْ أَتَهْتَدِي أَمْ تَكُونُ مِنَ الَّذِينَ لَا يَهْتَدُونَ ﴿٤١﴾

42 ਫੇਰ ਜਦੋਂ ਉਹ (ਰਾਣੀ) ਸੁਲੇਮਾਨ ਦੇ ਦਰਬਾਰ ਵਿਚ ਆ ਗਈ ਤਾਂ ਉਸ ਨੂੰ ਪੁੱਛਿਆ ਗਿਆ, ਕੀ ਤੁਹਾਡਾ ਸਿੰਘਾਸਨ ਵੀ ਅਜਿਹਾ ਹੀ ਹੈ? ਉਸ ਨੇ ਕਿਹਾ ਕਿ ਇੰਜ ਸਮਝੋ ਕਿ ਇਹ ਉਹੀਓ ਹੈ ਅਤੇ ਸਾਨੂੰ ਇਸ ਤੋਂ ਪਹਿਲਾਂ ਹੀ (ਤੁਹਾਡੇ ਨਬੀ ਹੋਣ ਦਾ) ਗਿਆਨ ਹੋ ਚੁੱਕਿਆ ਸੀ ਅਤੇ ਅਸੀਂ ਆਗਿਆਕਾਰੀ (ਮੁਸਲਮਾਨ) ਬਣ ਗਏ ਸਾਂ।

فَلَمَّا جَاءَتْ قِيلَ أَهَٰكَذَا عَرْشُكِ ۖ قَالَتْ كَأَنَّهُ هُوَ ۚ وَأُوتِينَا الْعِلْمَ مِن قَبْلِهَا وَكُنَّا مُسْلِمِينَ ﴿٤٢﴾

43 ਉਸ (ਰਾਣੀ) ਨੂੰ (ਅੱਲਾਹ ਦੀ ਬੰਦਗੀ ਤੋਂ) ਇਸ (ਸੂਰਜ ਦੀ ਪੂਜਾ) ਨੇ ਰੋਕ ਰੱਖਿਆ ਸੀ, ਜਿਸ ਦੀ ਉਹ ਅੱਲਾਹ ਨੂੰ ਛੱਡ ਕੇ ਇਬਾਦਤ ਕਰਦੀ ਸੀ, ਕਿਉਂ ਜੋ ਉਹ ਕਾਫ਼ਿਰ ਕੌਮ ਵਿੱਚੋਂ ਸੀ।

وَصَدَّهَا مَا كَانَت تَّعْبُدُ مِن دُونِ اللَّهِ ۖ إِنَّهَا
كَانَتْ مِن قَوْمٍ كَافِرِينَ (43)

44. ਰਾਣੀ ਨੂੰ ਕਿਹਾ ਗਿਆ ਕਿ ਮਹਿਲ ਅੰਦਰ ਪ੍ਰਵੇਸ਼ ਕਰੋ। ਜਦੋਂ ਉਸ ਨੇ (ਮਹਿਲ ਦਾ ਫ਼ਰਸ਼) ਵੇਖਿਆ ਤਾਂ ਉਹ ਸਮਝੀ ਕਿ ਇਹ (ਤਾਲਾਬ ਦਾ) ਪਾਣੀ ਹੈ ਅਤੇ ਉਸ ਨੇ ਆਪਣੀਆਂ ਪਿੰਡਲੀਆਂ ਨੰਗੀਆਂ ਕਰ ਲਈਆਂ (ਭਾਵ ਮੂਹਰੀਆਂ ਉਤਾਂਹ ਚੁੱਕ ਲਈਆਂ)। ਸੁਲੇਮਾਨ ਨੇ ਫ਼ਰਮਾਇਆ, ਇਹ ਤਾਂ ਸ਼ੀਸ਼ੇ ਤੋਂ ਬਣਿਆ ਹੋਇਆ ਮਹਿਲ ਹੈ। (ਰਾਣੀ) ਆਖਣ ਲੱਗੀ ਕਿ ਹੇ ਮੇਰੇ ਪਾਲਣਹਾਰ! ਬੇਸ਼ੱਕ (ਹੁਣ ਤੱਕ ਸੂਰਜ ਦੀ ਪੂਜਾ ਕਰਕੇ) ਮੈਂਨੇ ਆਪਣੇ ਆਪ 'ਤੇ ਜ਼ੁਲਮ ਹੀ ਕੀਤਾ ਸੀ ਅਤੇ ਹੁਣ ਮੈਂ ਸੁਲੇਮਾਨ ਨਾਲ ਮਿਲ ਕੇ ਸਾਰੀ ਸ੍ਰਿਸ਼ਟੀ ਦੇ ਮਾਲਿਕ ਦੀ ਆਗਿਆਕਾਰੀ ਕਬੂਲ ਕਰਦੀ ਹਾਂ।

قِيلَ لَهَا ادْخُلِي الصَّرْحَ ۖ فَلَمَّا رَأَتْهُ حَسِبَتْهُ
لُجَّةً وَكَشَفَتْ عَن سَاقَيْهَا ۚ قَالَ إِنَّهُ صَرْحٌ
مُّمَرَّدٌ مِّن قَوَارِيرَ ۗ قَالَتْ رَبِّ إِنِّي ظَلَمْتُ نَفْسِي
وَأَسْلَمْتُ مَعَ سُلَيْمَانَ لِلَّهِ رَبِّ الْعَالَمِينَ (44)

45 ਅਸੀਂ ਸਮੂਦ (ਕੌਮ) ਵੱਲ ਉਹਨਾਂ ਦੇ ਭਰਾ ਸਾਲੇਹ ਨੂੰ (ਇਹ ਪੈਗ਼ਾਮ ਦੇਕੇ) ਭੇਜਿਆ ਕਿ ਤੁਸੀਂ ਸਾਰੇ ਅੱਲਾਹ ਦੀ ਬੰਦਗੀ ਕਰੋ, ਪ੍ਰੰਤੂ ਉਹ ਦੋ ਗੁਟ (ਕਾਫ਼ਿਰਾਂ ਤੇ ਮੋਮਿਨ) ਬਣਕੇ ਆਪਸ ਵਿਚ ਹੀ ਝਗੜਨ ਲੱਗ ਪਏ।

وَلَقَدْ أَرْسَلْنَا إِلَىٰ ثَمُودَ أَخَاهُمْ صَالِحًا أَنِ
اعْبُدُوا اللَّهَ فَإِذَا هُمْ فَرِيقَانِ يَخْتَصِمُونَ (45)

46. ਸਾਲੇਹ ਨੇ ਫ਼ਰਮਾਇਆ, ਹੇ ਮੇਰੀ ਕੌਮ! ਤੁਸੀਂ ਭਲਾਈ ਤੋਂ ਪਹਿਲਾਂ ਬੁਰਾਈ ਭਾਵ ਅਜ਼ਾਬ ਲਈ (ਦੁਆਵਾਂ ਮੰਗਣ ਵਿਚ) ਛੇਤੀ ਕਿਉਂ ਕਰ ਰਹੇ ਹੋ? ਤੁਸੀਂ ਅੱਲਾਹ ਤੋਂ ਮੁਆਫ਼ੀ ਕਿਉਂ ਨਹੀਂ ਮੰਗ ਲੈਂਦੇ ਤਾਂ ਜੋ ਤੁਹਾਡੇ 'ਤੇ ਰਹਿਮ ਕੀਤਾ ਜਾਵੇ।

قَالَ يَا قَوْمِ لِمَ تَسْتَعْجِلُونَ بِالسَّيِّئَةِ قَبْلَ
الْحَسَنَةِ ۖ لَوْلَا تَسْتَغْفِرُونَ اللَّهَ لَعَلَّكُمْ
تُرْحَمُونَ (46)

47. ਉਹ (ਕੌਮੇ-ਸਮੂਦ) ਆਖਣ ਲੱਗੇ ਕਿ ਅਸੀਂ ਤਾਂ ਤੁਹਾਨੂੰ ਅਤੇ ਤੁਹਾਡੇ ਸਾਥੀਆਂ ਨੂੰ ਬੇ-ਭਾਗਾ ਸਮਝਦੇ ਹਾਂ। ਸਾਲੇਹ ਨੇ ਆਖਿਆ ਕਿ ਬੇ ਭਾਗੀ

قَالُوا اطَّيَّرْنَا بِكَ وَبِمَن مَّعَكَ ۚ قَالَ طَائِرُكُمْ
عِندَ اللَّهِ ۖ بَلْ أَنتُمْ قَوْمٌ تُفْتَنُونَ (47)

(ਬਦ-ਸ਼ਗੁਨੀ) ਤਾਂ ਅੱਲਾਹ ਦੇ ਹੱਥ ਵਿਚ ਹੈ, ਸਗੋਂ ਤੁਹਾਡੀ ਤਾਂ ਪਰਖ ਹੋ ਰਹੀ ਹੈ।

48. ਉਸ ਸ਼ਹਿਰ ਵਿਚ ਨੌ ਸਰਦਾਰ ਸੀ ਜਿਹੜੇ ਧਰਤੀ 'ਤੇ ਫ਼ਸਾਦ ਫੈਲਾਉਂਦੇ ਸੀ, ਉਹ ਕੋਈ ਵੀ ਸੁਧਾਰ ਦੀ ਗੱਲ ਨਹੀਂ ਸੀ ਕਰਦੇ।

وَكَانَ فِي الْمَدِينَةِ تِسْعَةُ رَهْطٍ يُفْسِدُونَ
فِي الْأَرْضِ وَلَا يُصْلِحُونَ ﴿48﴾

49. ਉਹਨਾਂ (ਨੌ ਸਰਦਾਰਾਂ) ਨੇ ਆਪੋ ਵਿਚ ਆਖਿਆ, ਅੱਲਾਹ ਦੀਆਂ ਕਸਮਾਂ ਖਾਓ ਕਿ ਅਸੀਂ ਰਾਤ ਨੂੰ ਹੀ ਸਾਲੇਹ ਅਤੇ ਉਸ ਦੇ ਘਰ ਵਾਲਿਆਂ 'ਤੇ ਹਮਲਾ ਕਰਾਂਗੇ ਅਤੇ ਉਸ ਦੇ ਵਾਰਸਾਂ ਨੂੰ ਆਖ ਦਿਆਂਗੇ ਕਿ ਅਸੀਂ ਤਾਂ ਉਸ ਦੇ ਘਰ ਵਾਲਿਆਂ ਦੇ ਹਮਲੇ ਦੇ ਸਮੇਂ ਮੌਜੂਦ ਹੀ ਨਹੀਂ ਸੀ, ਅਸੀਂ ਸੱਚ ਆਖਦੇ ਹਾਂ।

قَالُوا تَقَاسَمُوا بِاللَّهِ لَنُبَيِّتَنَّهُ وَأَهْلَهُ ثُمَّ
لَنَقُولَنَّ لِوَلِيِّهِ مَا شَهِدْنَا مَهْلِكَ أَهْلِهِ
وَإِنَّا لَصَادِقُونَ ﴿49﴾

50. ਉਹਨਾਂ (ਫ਼ਸਾਦੀਆਂ) ਨੇ ਇਕ ਚਾਲ ਚੱਲੀ ਅਤੇ ਅਸੀਂ ਵੀ ਇਕ ਚਾਲ ਚੱਲੀ ਅਤੇ ਉਹਨਾਂ ਨੂੰ ਉਸ ਦੀ ਖ਼ਬਰ ਤਕ ਨਾ ਹੋਈ।

وَمَكَرُوا مَكْرًا وَمَكَرْنَا مَكْرًا وَهُمْ لَا يَشْعُرُونَ ﴿50﴾

51. ਫੇਰ ਤੁਸੀਂ ਵੇਖੋ ਕਿ ਉਹਨਾਂ ਦੀਆਂ ਚਾਲਾਂ ਦਾ ਅੰਤ ਕੀ ਹੋਇਆ? ਅਸੀਂ ਉਹਨਾਂ ਨੂੰ ਅਤੇ ਉਹਨਾਂ ਦੀ ਕੌਮ ਨੂੰ (ਸਣੇ ਨੌ ਸਰਦਾਰਾਂ ਦੇ) ਮਲੀਆਮੇਟ ਕਰ ਦਿੱਤਾ।

فَانْظُرْ كَيْفَ كَانَ عَاقِبَةُ مَكْرِهِمْ أَنَّا دَمَّرْنَاهُمْ
وَقَوْمَهُمْ أَجْمَعِينَ ﴿51﴾

52. ਇਹ ਹਨ ਉਹਨਾਂ ਦੇ ਖ਼ਾਲੀ ਘਰ ਜਿਹੜੇ ਉਹਨਾਂ ਦੇ ਜ਼ੁਲਮਾਂ ਕਾਰਨ ਉਜੜੇ ਪਏ ਹਨ। ਜਿਹੜੇ ਲੋਕੀ ਗਿਆਨ ਰੱਖਦੇ ਹਨ ਉਹਨਾਂ ਲਈ ਇਸ ਵਿਚ ਸਿੱਖਿਆਦਾਇਕ ਨਿਸ਼ਾਨੀਆਂ ਹਨ।

فَتِلْكَ بُيُوتُهُمْ خَاوِيَةً بِمَا ظَلَمُوا إِنَّ فِي ذَٰلِكَ
لَآيَةً لِقَوْمٍ يَعْلَمُونَ ﴿52﴾

53. ਅਸੀਂ ਉਹਨਾਂ ਨੂੰ, ਜਿਹੜੇ ਈਮਾਨ ਲਿਆਏ ਸੀ ਤੇ ਅੱਲਾਹ ਤੋਂ ਡਰਦੇ ਸੀ, ਅਜ਼ਾਬ ਤੋਂ ਬਚਾ ਲਿਆ ਸੀ।

وَأَنْجَيْنَا الَّذِينَ آمَنُوا وَكَانُوا يَتَّقُونَ ﴿53﴾

54. (ਯਾਦ ਕਰੋ) ਜਦੋਂ ਲੂਤ ਨੇ ਆਪਣੀ ਕੌਮ ਨੂੰ ਕਿਹਾ ਕਿ ਕੀ ਤੁਸੀਂ ਅੱਖੀਂ ਵੇਖਦੇ ਹੋਏ ਵੀ ਅਸ਼ਲੀਲ ਕੰਮ ਕਰਦੇ ਹੋ?

وَلُوطًا إِذْ قَالَ لِقَوْمِهِ أَتَأْتُونَ الْفَاحِشَةَ
وَأَنْتُمْ تُبْصِرُونَ ﴿54﴾

55. ਕੀ ਤੁਸੀਂ ਔਰਤਾਂ ਨੂੰ ਛੱਡ ਕੇ ਕਾਮ ਵਾਸਨਾ ਦੀ ਪੂਰਤੀ ਲਈ ਮਰਦਾਂ ਕੋਲ ਜਾਂਦੇ ਹੋ? ਤੁਸੀਂ ਤਾਂ ਜਾਹਲਾਂ ਵਾਲੇ ਕੰਮ ਕਰਦੇ ਹੋ।

أَئِنَّكُمْ لَتَأْتُونَ الرِّجَالَ شَهْوَةً مِّن دُونِ النِّسَاءِ ۚ بَلْ أَنتُمْ قَوْمٌ تَجْهَلُونَ ﴿55﴾

56. ਉਸ ਦੀ ਕੌਮ ਦੇ ਕੋਲ ਉਹਨਾਂ ਗੱਲਾਂ ਦਾ ਛੁੱਟ ਇਸ ਤੋਂ ਕੋਈ ਵੀ ਜਵਾਬ ਨਹੀਂ ਸੀ ਕਿ ਉਹਨਾਂ ਨੇ ਕਿਹਾ ਕਿ ਲੂਤ ਅਤੇ ਇਸ ਦੇ ਘਰ ਵਾਲਿਆਂ ਨੂੰ ਆਪਣੀ ਬਸਤੀ 'ਚੋਂ ਹੀ ਕੱਢ ਦਿਓ, ਇਹ ਤਾਂ ਵੱਡੇ ਨੇਕ-ਪਾਕਬਾਜ਼ ਬਣਦੇ ਹਨ।

فَمَا كَانَ جَوَابَ قَوْمِهِ إِلَّا أَن قَالُوا أَخْرِجُوا آلَ لُوطٍ مِّن قَرْيَتِكُمْ ۖ إِنَّهُمْ أُنَاسٌ يَتَطَهَّرُونَ ﴿56﴾

57. ਫੇਰ ਅਸੀਂ ਉਸ (ਲੂਤ) ਨੂੰ ਅਤੇ ਉਸ ਦੇ ਘਰ ਵਾਲਿਆਂ ਨੂੰ, ਛੁੱਟ ਉਸ ਦੀ ਪਤਨੀ, ਸਭ ਨੂੰ ਬਚਾ ਲਿਆ। ਅਸੀਂ ਇਹ ਮਿੱਥ ਲਿਆ ਸੀ ਕਿ ਉਹ ਪਿੱਛੇ ਰਹਿ ਜਾਣ ਵਾਲਿਆਂ ਵਿੱਚੋਂ ਹੋਵੇਗੀ।

فَأَنجَيْنَاهُ وَأَهْلَهُ إِلَّا امْرَأَتَهُ قَدَّرْنَاهَا مِنَ الْغَابِرِينَ ﴿57﴾

58. ਅਸਾਂ ਉਹਨਾਂ ਜ਼ਾਲਮਾਂ ਉੱਤੇ ਪੱਥਰਾਂ ਦਾ ਮੀਂਹ ਵਰਸਾਇਆ। ਬਹੁਤ ਹੀ ਭੈੜਾ ਮੀਂਹ ਸੀ ਜਿਹੜਾ ਡਰਾਏ ਹੋਏ ਲੋਕਾਂ 'ਤੇ ਵਰਸਾਇਆ ਗਿਆ।

وَأَمْطَرْنَا عَلَيْهِم مَّطَرًا ۖ فَسَاءَ مَطَرُ الْمُنذَرِينَ ﴿58﴾

59. (ਹੇ ਮੁਹੰਮਦ ਸ.!) ਤੁਸੀਂ ਆਖ ਦਿਓ ਕਿ ਸਾਰੀਆਂ ਤਾਰੀਫ਼ਾਂ ਤੇ ਸ਼ੁਕਰਾਨੇ ਅੱਲਾਹ ਲਈ ਹਨ। ਉਸ ਦੇ ਉਹਨਾਂ ਬੰਦਿਆਂ 'ਤੇ ਸਲਾਮ ਹੋਵੇ ਜਿਨ੍ਹਾਂ ਨੂੰ ਉਸ ਨੇ (ਪੈਗ਼ੰਬਰੀ ਲਈ) ਚੁਣ ਲਿਆ ਹੈ। ਕੀ ਅੱਲਾਹ ਚੰਗੇਰਾ ਹੈ ਜਾਂ ਉਹ (ਇਸ਼ਟ) ਜਿਨ੍ਹਾਂ ਨੂੰ ਇਹ ਲੋਕੀ (ਰੱਬ ਦਾ) ਸ਼ਰੀਕ ਥਾਪ ਰਹੇ ਹਨ?[1]

قُلِ الْحَمْدُ لِلَّهِ وَسَلَامٌ عَلَىٰ عِبَادِهِ الَّذِينَ اصْطَفَىٰ ۗ آللَّهُ خَيْرٌ أَمَّا يُشْرِكُونَ ﴿59﴾

---

[1] ਇਸ ਆਇਤ ਰਾਹੀਂ ਸ਼ਿਰਕ ਤੋਂ ਡਰਾਇਆ ਜਾ ਰਿਹਾ ਹੈ, ਕਿਉਂ ਜੋ ਸ਼ਿਰਕ ਅੱਲਾਹ ਦੀ ਮੁਹੱਬਤ ਦੇ ਉਲਟ ਹੈ, ਜਦ ਕਿ ਇਕ ਮੋਮਿਨ ਦੇ ਦਿਲ ਵਿਚ ਸਭ ਤੋਂ ਵੱਧ ਮੁਹੱਬਤ ਅੱਲਾਹ ਅਤੇ ਉਸ ਦੇ ਰਸੂਲ ਦੀ ਹੋਣੀ ਚਾਹੀਦੀ ਹੈ। ਸ਼ਿਰਕ ਮੁਆਫ਼ੀ ਜੋਗਾ ਵੀ ਨਹੀਂ ਜੇ ਕੋਈ ਵਿਅਕਤੀ ਸ਼ਿਰਕ ਕਰਦੇ ਕਰਦੇ ਹੀ ਮਰ ਜਾਵੇ ਤਾਂ ਉਹ ਸਦਾ ਲਈ ਨਰਕੀ ਹੈ।

أَمَّنْ خَلَقَ السَّمٰوٰتِ وَالْأَرْضَ وَأَنْزَلَ لَكُمْ مِّنَ السَّمَآءِ مَآءً ۚ فَأَنْۢبَتْنَا بِهٖ حَدَآئِقَ ذَاتَ بَهْجَةٍ ۚ مَّا كَانَ لَكُمْ أَنْ تُنْۢبِتُوْا شَجَرَهَا ۗ ءَإِلٰهٌ مَّعَ اللّٰهِ ۚ بَلْ هُمْ قَوْمٌ يَّعْدِلُوْنَ (60)

60. (ਕੀ ਇਹ ਝੂਠੇ ਇਸ਼ਟ ਚੰਗੇਰੇ ਹਨ) ਜਾਂ ਉਹ (ਅੱਲਾਹ) ਜਿਸ ਨੇ ਅਕਾਸ਼ ਤੇ ਧਰਤੀ ਨੂੰ ਸਾਜਿਆ ਤੇ ਤੁਹਾਡੇ ਲਈ ਅਕਾਸ਼ ਤੋਂ ਮੀਂਹ ਬਰਸਾਇਆ? ਫੇਰ ਇਸ (ਮੀਂਹ) ਤੋਂ ਅਸੀਂ ਰਮਣੀਕ ਬਾਗ਼ ਉਗਾਏ ਜਿਨ੍ਹਾਂ ਬਾਗ਼ਾਂ ਦੇ ਦਰਖ਼ਤਾਂ ਨੂੰ ਤੁਸੀਂ ਕਦੇ ਵੀ ਉਗਾ ਨਹੀਂ ਸੀ ਸਕਦੇ। ਕੀ ਅੱਲਾਹ ਦੇ ਨਾਲ ਕੋਈ ਹੋਰ ਵੀ ਇਸ਼ਟ ਹੈ? (ਜੋ ਇਹ ਸਭ ਕੁੱਝ ਕਰ ਸਕਦਾ ਹੋਵੇ)। ਇਹੋ ਲੋਕ ਹਨ ਜਿਹੜੇ ਥਾਪੇ ਹੋਏ ਇਸ਼ਟਾਂ ਨੂੰ ਅੱਲਾਹ ਦੇ ਬਰਾਬਰ ਖੜ੍ਹਾ ਕਰਦੇ ਹਨ।

أَمَّنْ جَعَلَ الْأَرْضَ قَرَارًا وَّجَعَلَ خِلٰلَهَآ أَنْهٰرًا وَّجَعَلَ لَهَا رَوَاسِيَ وَجَعَلَ بَيْنَ الْبَحْرَيْنِ حَاجِزًا ۗ ءَإِلٰهٌ مَّعَ اللّٰهِ ۚ بَلْ أَكْثَرُهُمْ لَا يَعْلَمُوْنَ (61)

61. ਉਹ (ਅੱਲਾਹ ਹੀ) ਜਿਸ ਨੇ ਧਰਤੀ ਨੂੰ ਠਹਿਰਨ (ਵਸਨ) ਦੇ ਯੋਗ ਬਣਾਇਆ ਅਤੇ ਉਸੇ (ਧਰਤੀ) ਵਿਚ ਨਹਿਰਾਂ ਵਗਾਈਆਂ ਅਤੇ ਇਸ ਲਈ (ਕਿ ਧਰਤੀ ਨਾ ਹਿੱਲੇ) ਪਹਾੜ ਬਣਾ ਦਿੱਤੇ ਅਤੇ ਦੋ ਸਮੁੰਦਰਾਂ ਦੇ ਵਿਚਕਾਰ ਪੜਦਿਆਂ ਦੀ ਰੋਕ ਲਗਾ ਦਿੱਤੀ। ਕੀ ਉਸ ਅੱਲਾਹ ਦੇ ਨਾਲ ਕੋਈ ਹੋਰ ਵੀ ਇਸ਼ਟ (ਇਹਨਾਂ ਕੰਮਾਂ ਦਾ ਕਰਨ ਵਾਲਾ) ਹੈ? ਉਹਨਾਂ ਵਿਚ ਵਧੇਰੇ ਹਨ ਜਿਹੜੇ ਇਹ ਗੱਲ ਨਹੀਂ ਜਾਣਦੇ।

أَمَّنْ يُّجِيْبُ الْمُضْطَرَّ إِذَا دَعَاهُ وَيَكْشِفُ السُّوْٓءَ وَيَجْعَلُكُمْ خُلَفَآءَ الْأَرْضِ ۗ ءَإِلٰهٌ مَّعَ اللّٰهِ ۚ قَلِيْلًا مَّا تَذَكَّرُوْنَ (62)

62. ਕੀ ਉਹ ਝੂਠੇ ਇਸ਼ਟ ਚੰਗੇ ਹਨ ਜਾਂ ਉਹ ਅੱਲਾਹ ਚੰਗਾ ਹੈ ਜਿਹੜਾ ਬੇਵਸ (ਮਜਬੂਰ) ਦੀ ਦੁਆ ਕਬੂਲਦਾ ਹੈ, ਉਸ ਦੀ ਪੁਕਾਰ ਨੂੰ ਸੁਣ ਕੇ ਉਸ ਦੀਆਂ ਮੁਸ਼ਕਲਾਂ, ਤਕਲੀਫ਼ਾਂ ਨੂੰ ਦੂਰ ਕਰਦਾ ਹੈ। ਉਹ ਤੁਹਾਨੂੰ ਧਰਤੀ ਦਾ ਅਧਿਕਾਰੀ ਬਣਾਉਂਦਾ ਹੈ? ਕੀ ਅੱਲਾਹ ਦੇ ਨਾਲ ਕੋਈ ਹੋਰ ਵੀ ਇਸ਼ਟ ਹੈ? ਤੁਸੀਂ ਤਾਂ ਬਹੁਤ ਹੀ ਘੱਟ ਸੋਚ ਵਿਚਾਰ ਕਰਦੇ ਹੋ।

أَمَّنْ يَّهْدِيْكُمْ فِيْ ظُلُمٰتِ الْبَرِّ وَالْبَحْرِ وَمَنْ يُّرْسِلُ الرِّيٰحَ بُشْرًاۢ بَيْنَ يَدَيْ رَحْمَتِهٖ ۗ ءَإِلٰهٌ مَّعَ اللّٰهِ ۚ تَعٰلَى اللّٰهُ عَمَّا يُشْرِكُوْنَ (63)

63. ਕੀ ਬੁਤ ਚੰਗੇ ਹਨ ਜਾਂ ਕਿ ਉਹ ਜਿਹੜਾ ਤੁਹਾਨੂੰ ਜਲ ਅਤੇ ਥਲ ਦੇ ਹਨੇਰਿਆਂ ਵਿੱਚੋ ਰਾਹ ਵਿਖਾਉਂਦਾ ਹੈ ਅਤੇ ਜਿਹੜਾ ਆਪਣੀਆਂ ਰਹਿਮਤਾਂ ਤੋਂ ਪਹਿਲਾਂ ਹੀ (ਬਾਰਿਸ਼ ਦੀਆਂ) ਖ਼ੁਸ਼ਖ਼ਬਰੀਆਂ ਦੇਣ

ਵਾਲੀਆਂ ਹਵਾਵਾਂ ਨੂੰ ਭੇਜਦਾ ਹੈ। ਕੀ ਅੱਲਾਹ ਦੇ ਨਾਲ ਕੋਈ ਹੋਰ ਵੀ (ਇਸ਼ਟ) ਹੈ? ਅੱਲਾਹ ਤਾਂ ਉਹਨਾਂ ਸਭ (ਇਸ਼ਟਾਂ ਤੋਂ) ਬਹੁਤ ਉੱਚਾ ਹੈ ਜਿਨ੍ਹਾਂ ਨੂੰ ਉਹ (ਰੱਬ ਦਾ) ਸ਼ਰੀਕ ਥਾਪਦੇ ਹਨ।

64. ਕੀ ਥਾਪੇ ਇਸ਼ਟ ਵਧੀਆ ਹਨ ਜਾਂ ਉਹ ਅੱਲਾਹ ਜਿਹੜਾ ਮੁੱਢੋਂ ਮਖ਼ਲੂਕ ਦੀ ਰਚਨਾਂ ਰਚਾਉਂਦਾ ਹੈ (ਉਸ ਦੇ ਮਰਨ ਮਗਰੋਂ) ਫੇਰ ਮੁੜ ਰਚਾਵੇਗਾ ਅਤੇ ਜਿਹੜਾ ਤੁਹਾਨੂੰ ਅਕਾਸ਼ ਤੇ ਧਰਤੀ ਵਿੱਚੋਂ ਰੋਜ਼ੀਆਂ ਦਿੰਦਾ ਹੈ? ਕੀ ਅੱਲਾਹ ਤੋਂ ਛੁੱਟ ਕੋਈ ਹੋਰ ਵੀ ਇਸ਼ਟ ਹੈ? (ਹੇ ਮੁਹੰਮਦ !) ਉਹਨਾਂ ਮੁਸ਼ਰਿਕਾਂ ਨੂੰ ਆਖੋ ਕਿ ਜੇ ਤੁਸੀਂ ਸੱਚੇ ਹੋ (ਕਿ ਅੱਲਾਹ ਦਾ ਹੋਰ ਸਾਂਝੀ ਹੈ) ਤਾਂ ਕੋਈ ਦਲੀਲ ਲਿਆਓ।

أَمَّن يَبْدَؤُا الْخَلْقَ ثُمَّ يُعِيدُهُ وَمَن يَرْزُقُكُم مِّنَ
السَّمَاءِ وَالْأَرْضِ ۗ أَإِلَٰهٌ مَّعَ اللَّهِ ۚ قُلْ هَاتُوا
بُرْهَانَكُمْ إِن كُنتُمْ صَادِقِينَ ﴿٦٤﴾

65 (ਹੇ ਨਬੀ !) ਆਖ ਦਿਓ ਕਿ ਛੁੱਟ ਅੱਲਾਹ ਤੋਂ ਅਕਾਸ਼ਾਂ ਵਿਚ ਰਹਿਣ ਵਾਲੇ (ਭਾਵ ਫ਼ਰਿਸ਼ਤੇ) ਅਤੇ ਧਰਤੀ 'ਤੇ ਰਹਿਣ ਵਾਲਿਆਂ (ਮਨੁੱਖ ਤੇ ਜਿੰਨਾਂ) ਵਿੱਚੋਂ ਕੋਈ ਵੀ ਗ਼ੈਬ ਦਾ ਗਿਆਨ ਨਹੀਂ ਰੱਖਦਾ, ਇਹ (ਥਾਪੇ ਹੋਏ ਇਸ਼ਟ) ਤਾਂ ਇਹ ਵੀ ਨਹੀਂ ਜਾਣਦੇ ਕਿ ਉਹਨਾਂ ਨੂੰ ਮੁੜ ਜਿਉਂਦਾ ਕਦੋਂ ਕੀਤਾ ਜਾਵੇਗਾ।

قُل لَّا يَعْلَمُ مَن فِي السَّمَاوَاتِ وَالْأَرْضِ الْغَيْبَ
إِلَّا اللَّهُ ۚ وَمَا يَشْعُرُونَ أَيَّانَ يُبْعَثُونَ ﴿٦٥﴾

66. ਸਗੋਂ ਆਖ਼ਿਰਤ ਦੀ ਜਾਣਕਾਰੀ ਨੂੰ ਇਹ ਗੁਆਚ (ਭੁਲਾ) ਬੈਠੇ ਹਨ, ਇਹ ਇਸ (ਆਖ਼ਿਰਤ) ਵੱਲੋਂ ਸ਼ੱਕ ਵਿਚ ਹਨ ਸਗੋਂ ਇਹ ਤਾਂ (ਆਖ਼ਿਰਤ ਪੱਖੋਂ) ਅੰਨ੍ਹੇ ਹੀ ਗਏ ਹਨ।

بَلِ ادَّارَكَ عِلْمُهُمْ فِي الْآخِرَةِ ۚ بَلْ هُمْ فِي شَكٍّ
مِّنْهَا ۖ بَلْ هُم مِّنْهَا عَمُونَ ﴿٦٦﴾

67 ਕਾਫ਼ਿਰ ਪੁੱਛਦੇ ਹਨ ਕਿ ਕੀ ਜਦੋਂ ਅਸੀਂ ਅਤੇ ਸਾਡੇ ਪਿਓ ਦਾਦੇ ਮਿੱਟੀ ਹੋ ਜਾਵਾਂਗੇ ਤਾਂ ਕੀ ਅਸੀਂ ਮੁੜ (ਧਰਤੀ ਵਿੱਚੋਂ) ਕੱਢੇ ਜਾਵਾਂਗੇ?

وَقَالَ الَّذِينَ كَفَرُوا أَإِذَا كُنَّا تُرَابًا وَآبَاؤُنَا
أَئِنَّا لَمُخْرَجُونَ ﴿٦٧﴾

68. ਬੇਸ਼ੱਕ ਸਾਨੂੰ ਵੀ ਅਤੇ ਸਾਥੋਂ ਪਹਿਲਾਂ ਸਾਡੇ ਬਾਪ-ਦਾਦਿਆਂ ਨੂੰ ਵੀ ਇਹੋ ਗੱਲਾਂ ਕਹੀਆਂ ਗਈਆਂ

لَقَدْ وُعِدْنَا هَٰذَا نَحْنُ وَآبَاؤُنَا مِن قَبْلُ
إِنْ هَٰذَا إِلَّا أَسَاطِيرُ الْأَوَّلِينَ ﴿٦٨﴾

ਹਨ। ਪਰ ਇਹ ਤਾਂ ਕੇਵਲ ਪਹਿਲੇ ਲੋਕਾਂ ਦੇ ਕਿੱਸੇ ਕਹਾਣੀਆਂ ਹਨ।

قُلْ سِيرُوا فِي الْأَرْضِ فَانْظُرُوا كَيْفَ كَانَ عَاقِبَةُ
الْمُجْرِمِينَ ﴿٦٩﴾

69 (ਹੇ ਨਬੀ!) ਆਖ ਦਿਓ ਕਿ ਧਰਤੀ 'ਤੇ ਤੁਰ ਫਿਰ ਕੇ ਵੇਖੋ ਕਿ ਪਾਪੀਆਂ ਦਾ ਅੰਤ ਕਿਹੋ ਜਿਹਾ ਹੋਇਆ ਸੀ।

وَلَا تَحْزَنْ عَلَيْهِمْ وَلَا تَكُنْ فِي ضَيْقٍ
مِمَّا يَمْكُرُونَ ﴿٧٠﴾

70. (ਹੇ ਮੁਹੰਮਦ ਸ:!) ਤੁਸੀਂ ਉਹਨਾਂ (ਕਾਫ਼ਰਾਂ) ਦੀ ਹਾਲਤ 'ਤੇ ਦੁਖੀ ਨਾ ਹੋਵੋ ਅਤੇ ਨਾ ਹੀ ਉਹਨਾਂ ਦੀਆਂ ਚਾਲਾਂ 'ਤੇ ਦਿਲ ਛੋਟਾ ਕਰੋ।

وَيَقُولُونَ مَتَىٰ هَٰذَا الْوَعْدُ إِنْ كُنْتُمْ صَادِقِينَ ﴿٧١﴾

71 ਇਹ (ਕਾਫ਼ਿਰ) ਆਖਦੇ ਹਨ ਕਿ ਇਹ (ਕਿਆਮਤ ਦਾ) ਵਾਅਦਾ ਕਦੋਂ ਪੂਰਾ ਹੋਵੇਗਾ? ਜੇ ਤੁਸੀਂ ਸੱਚੇ ਹੋ ਤਾਂ (ਇਸ ਦਾ ਸਮਾਂ) ਦੱਸੋ।

قُلْ عَسَىٰ أَنْ يَكُونَ رَدِفَ لَكُمْ بَعْضُ الَّذِي
تَسْتَعْجِلُونَ ﴿٧٢﴾

72. ਉਹਨਾਂ ਨੂੰ ਕਹੋ ਕਿ ਜਿਸ ਗੱਲ ਲਈ ਤੁਸੀਂ ਛੇਤੀ ਕਰ ਰਹੇ ਹੋ ਹੋ ਸਕਦਾ ਹੈ ਕਿ ਉਸ ਦਾ ਕੁੱਝ ਹਿੱਸਾ ਤੁਹਾਡੇ ਨੇੜੇ ਹੀ ਆ ਢੁੱਕਾ ਹੋਵੇ।

وَإِنَّ رَبَّكَ لَذُو فَضْلٍ عَلَى النَّاسِ وَلَٰكِنَّ أَكْثَرَهُمْ
لَا يَشْكُرُونَ ﴿٧٣﴾

73 ਅਤੇ ਬੇਸ਼ੱਕ ਤੁਹਾਡਾ ਪਾਲਣਹਾਰ ਸਾਰੇ ਲੋਕਾਂ 'ਤੇ ਹੀ ਫ਼ਜ਼ਲ (ਮਿਹਰਾਂ) ਕਰਨ ਵਾਲਾ ਹੈ ਪਰ ਫੇਰ ਵੀ ਬਹੁਤੇ ਲੋਕੀ ਤਾਂ ਨਾ-ਸ਼ੁਕਰੀ ਹੀ ਕਰਦੇ ਹਨ।

وَإِنَّ رَبَّكَ لَيَعْلَمُ مَا تُكِنُّ صُدُورُهُمْ
وَمَا يُعْلِنُونَ ﴿٧٤﴾

74. ਬੇਸ਼ੱਕ ਤੁਹਾਡਾ ਰੱਬ ਉਹਨਾਂ ਗੱਲਾਂ ਨੂੰ ਵੀ ਜਾਣਦਾ ਹੈ ਜਿਨ੍ਹਾਂ ਨੂੰ ਉਹਨਾਂ ਦੇ ਦਿਲ ਲਕੋ ਰਹੇ ਹਨ ਅਤੇ ਜੋ ਵਿਖਾ ਰਹੇ ਹਨ (ਸਭ ਜਾਣਦਾ ਹੈ)।

وَمَا مِنْ غَائِبَةٍ فِي السَّمَاءِ وَالْأَرْضِ إِلَّا
فِي كِتَابٍ مُبِينٍ ﴿٧٥﴾

75 ਅਕਾਸ਼ਾਂ ਤੇ ਧਰਤੀ ਦੀ ਕੋਈ ਵੀ ਗੁਪਤ ਚੀਜ਼ ਅਜਿਹੀ ਨਹੀਂ ਜਿਹੜੀ ਸਪਸ਼ਟ ਕਿਤਾਬ (ਲੌਹੇ-ਮਹਫ਼ੂਜ਼) ਵਿਚ ਨਾ ਲਿਖੀ ਹੋਵੇ।

إِنَّ هَٰذَا الْقُرْآنَ يَقُصُّ عَلَىٰ بَنِي إِسْرَائِيلَ أَكْثَرَ
الَّذِي هُمْ فِيهِ يَخْتَلِفُونَ ﴿٧٦﴾

76 ਬੇਸ਼ੱਕ ਇਹ ਕੁਰਆਨ ਬਨੀ-ਇਸਰਾਈਲ ਨੂੰ ਉਹਨਾਂ ਗੱਲਾਂ ਦੀ ਅਸਲੀਅਤ ਬਿਆਨ ਕਰਦਾ ਹੈ ਜਿਨ੍ਹਾਂ ਵਿਚ ਇਹ ਮਤਭੇਦ ਕਰ ਰਹੇ ਹਨ।

77 ਨਿਰਸੰਦੇਹ, ਇਹ (ਕੁਰਆਨ) ਈਮਾਨ ਵਾਲਿਆਂ ਲਈ ਹਿਦਾਇਤ ਅਤੇ ਰਹਿਮਤ ਹੈ।

وَإِنَّهُ لَهُدًى وَرَحْمَةٌ لِّلْمُؤْمِنِينَ ﴿٧٧﴾

78 ਬੇਸ਼ੱਕ ਹੇ ਨਬੀ! ਤੁਹਾਡਾ ਰੱਬ ਉਹਨਾਂ (ਕਾਫ਼ਿਰਾਂ) ਵਿਚਕਾਰ ਆਪਣੇ ਹੁਕਮ ਅਨੁਸਾਰ ਫ਼ੈਸਲੇ ਕਰ ਦੇਵੇਗਾ ਉਹ ਜ਼ੋਰਾਵਰ ਅਤੇ ਸਭ ਕੁੱਝ ਜਾਣਨ ਵਾਲਾ ਹੈ।

إِنَّ رَبَّكَ يَقْضِي بَيْنَهُم بِحُكْمِهِ ۚ وَهُوَ الْعَزِيزُ الْعَلِيمُ ﴿٧٨﴾

79 ਸੋ (ਹੇ ਨਬੀ!) ਤੁਸੀਂ ਅੱਲਾਹ 'ਤੇ ਭਰੋਸਾ ਰੱਖੋ, ਬੇਸ਼ੱਕ ਤੁਸੀਂ ਹੀ ਸੱਚੇ ਤੇ ਸਿੱਧੇ ਰਾਹ 'ਤੇ ਹੋ।

فَتَوَكَّلْ عَلَى اللَّهِ ۖ إِنَّكَ عَلَى الْحَقِّ الْمُبِينِ ﴿٧٩﴾

80 ਤੁਸੀਂ ਨਾ ਤਾਂ (ਆਪਣੀ ਗੱਲ) ਮੁਰਦਿਆਂ ਨੂੰ ਸੁਣਾ ਸਕਦੇ ਹੋ ਅਤੇ ਨਾ ਹੀ ਉਹਨਾਂ ਬੋਲਿਆਂ ਨੂੰ ਆਪਣੀ ਅਵਾਜ਼ ਸੁਣਾ ਸਕਦੇ ਹੋ, ਜਦ ਕਿ ਉਹ ਪਿੱਠ ਫੇਰੀ ਨੱਸੇ ਜਾ ਰਹੇ ਹਨ।

إِنَّكَ لَا تُسْمِعُ الْمَوْتَىٰ وَلَا تُسْمِعُ الصُّمَّ الدُّعَاءَ إِذَا وَلَّوْا مُدْبِرِينَ ﴿٨٠﴾

81 ਅਤੇ ਨਾ ਹੀ ਅੰਨ੍ਹਿਆਂ ਨੂੰ ਉਹਨਾਂ ਦੀ ਗੁਮਰਾਹੀ ਤੋਂ ਬਚਾ ਕੇ ਸਿੱਧੇ ਰਹਾ ਪਾ ਸਕਦੇ ਹੋ। ਤੁਸੀਂ ਤਾਂ ਕੇਵਲ ਉਹਨਾਂ ਨੂੰ ਹੀ ਸੁਣਾ ਸਕਦੇ ਹੋ, ਜਿਹੜੇ ਸਾਡੀਆਂ ਆਇਤਾਂ (ਕੁਰਆਨ) 'ਤੇ ਈਮਾਨ ਲਿਆਏ ਹਨ, ਫੇਰ ਉਹੀਓ ਆਗਿਆਕਾਰੀ ਬਣ ਜਾਂਦੇ ਹਨ।

وَمَا أَنتَ بِهَادِي الْعُمْيِ عَن ضَلَالَتِهِمْ ۖ إِن تُسْمِعُ إِلَّا مَن يُؤْمِنُ بِآيَاتِنَا فَهُم مُّسْلِمُونَ ﴿٨١﴾

82 ਜਦੋਂ ਉਹਨਾਂ (ਇਨਕਾਰੀਆਂ) 'ਤੇ ਅਜ਼ਾਬ ਲਿਆਉਣ ਦੀ ਸਾਡੀ ਗੱਲ ਪੂਰੀ ਹੋਣ ਦਾ ਸਮਾਂ ਆ ਜਾਵੇਗਾ ਤਾਂ ਅਸੀਂ ਧਰਤੀ ਵਿੱਚੋਂ ਉਹਨਾਂ ਲਈ ਇਕ ਜਾਨਵਰ[1] ਕੱਢਾਂਗੇ ਜਿਹੜਾ ਉਹਨਾਂ ਨਾਲ ਗੱਲਾਂ ਕਰੇਗਾ। ਬੇਸ਼ੱਕ ਇਹ ਲੋਕ ਤਾਂ ਸਾਡੀਆਂ ਆਇਤਾਂ (ਨਿਸ਼ਾਨੀਆਂ) ਦਾ ਵਿਸ਼ਵਾਸ ਨਹੀਂ ਸੀ ਕਰਦੇ।

وَإِذَا وَقَعَ الْقَوْلُ عَلَيْهِمْ أَخْرَجْنَا لَهُمْ دَابَّةً مِّنَ الْأَرْضِ تُكَلِّمُهُمْ أَنَّ النَّاسَ كَانُوا بِآيَاتِنَا لَا يُوقِنُونَ ﴿٨٢﴾

83. ਅਤੇ ਉਸ ਵੇਲੇ (ਭਾਵ ਕਿਆਮਤ ਦਿਹਾੜੇ) ਅਸੀਂ ਹਰ ਉੱਮਤ (ਸਮੁਦਾਇ) ਵਿੱਚੋਂ ਉਸ ਟੋਲੀ ਨੂੰ ਘੇਰ ਕੇ ਲਿਆਵਾਂਗੇ ਜਿਹੜੀ ਸਾਡੀਆਂ ਆਇਤਾਂ

وَيَوْمَ نَحْشُرُ مِن كُلِّ أُمَّةٍ فَوْجًا مِّمَّن يُكَذِّبُ بِآيَاتِنَا فَهُمْ يُوزَعُونَ ﴿83﴾

[1] ਵੇਖੋ ਸੂਰਤ ਅਲ-ਅਨਾਮ, ਹਾਸ਼ੀਆ ਆਇਤ 158/6

(ਹੁਕਮਾਂ) ਨੂੰ ਸਵੀਕਾਰ ਨਹੀਂ ਸੀ ਕਰਦੀ। ਫੇਰ ਉਹਨਾਂ ਸਭ ਦੀ ਦਰਜਾ ਬੰਦੀ (ਭਾਵ ਵੱਖ-ਵੱਖ) ਕਰ ਦਿੱਤੀ ਜਾਵੇਗੀ।

84 ਜਦੋਂ ਸਾਰੇ (ਹਸ਼ਰ ਦੇ ਮੈਦਾਨ ਵਿਚ) ਆ ਜਾਣਗੇ ਤਾਂ ਅੱਲਾਹ ਪੁੱਛੇਗਾ, ਕੀ ਤੁਸੀਂ ਬਿਨਾਂ ਗਿਆਨ ਦੇ ਘੇਰੇ ਵਿਚ ਲਿਆਏ ਮੇਰੀਆਂ (ਆਇਤਾਂ) ਦਾ ਇਨਕਾਰ ਨਹੀਂ ਸੀ ਕੀਤਾ? (ਜੇ ਨਹੀਂ ਫੇਰ ਤਾਂ ਇਹ ਦੱਸੋ) ਕਿ (ਸੰਸਾਰ ਵਿਚ ਤੁਸੀਂ ਕੀ ਕੁੱਝ ਕਰਦੇ ਸੀ)।

حَتّٰٓى اِذَا جَآءُوْ قَالَ اَكَذَّبْتُمْ بِاٰيٰتِيْ وَلَمْ تُحِيْطُوْا بِهَا
عِلْمًا اَمَّاذَا كُنْتُمْ تَعْمَلُوْنَ ۝84

85. ਉਹਨਾਂ (ਇਨਕਾਰੀਆਂ) ਦੇ ਜ਼ੁਲਮਾਂ ਕਾਰਨ ਉਹਨਾਂ ਉੱਤੇ (ਅਜ਼ਾਬ ਦੀ) ਪੁਸ਼ਟੀ ਹੋ ਜਾਵੇਗੀ ਅਤੇ ਉਹ ਕੁੱਝ ਬੋਲਣ ਜੋਗੇ ਵੀ ਨਹੀਂ ਰਹਿਣਗੇ

وَوَقَعَ الْقَوْلُ عَلَيْهِمْ بِمَا ظَلَمُوْا فَهُمْ
لَا يَنْطِقُوْنَ ۝85

86. ਕੀ ਉਹ ਨਹੀਂ ਵੇਖਦੇ ਕਿ ਅਸੀਂ ਰਾਤ ਨੂੰ ਬਣਾਇਆ ਹੈ ਕਿ ਉਹ ਉਸ ਵਿਚ ਆਰਾਮ ਕਰ ਸਕਣ ਅਤੇ ਦਿਨ ਨੂੰ ਵੇਖਣ ਵਾਲਾ ਬਣਾਇਆ। ਬੇਸ਼ੱਕ ਇਸ ਵਿਚ ਉਹਨਾਂ ਲੋਕਾਂ ਲਈ ਬਹੁਤ ਨਿਸ਼ਾਨੀਆਂ ਹਨ ਜਿਹੜੇ ਈਮਾਨ ਲਿਆਉਂਦੇ ਹਨ।

اَلَمْ يَرَوْا اَنَّا جَعَلْنَا الَّيْلَ لِيَسْكُنُوْا فِيْهِ وَالنَّهَارَ
مُبْصِرًا ۭ اِنَّ فِيْ ذٰلِكَ لَاٰيٰتٍ لِّقَوْمٍ يُّؤْمِنُوْنَ ۝86

87 ਜਿਸ ਦਿਨ ਸੂਰ (ਬਿਗਲ) ਵਜਾਇਆ ਜਾਵੇਗਾ ਤਾਂ ਸਾਰੇ ਦੇ ਸਾਰੇ ਅਕਾਸ਼ਾਂ ਵਾਲੇ ਅਤੇ ਧਰਤੀ ਵਾਲੇ ਘਬਰਾ ਜਾਣਗੇ ਪਰ (ਉਹ ਨਹੀਂ ਘਬਰਾਉਣਗੇ) ਛੁੱਟ ਉਹਨਾਂ ਤੋਂ ਜਿਨ੍ਹਾਂ ਨੂੰ ਅੱਲਾਹ ਚਾਹਵੇ ਅਤੇ ਸਾਰੇ ਹੀ ਹੀਣੇ ਹੋਕੇ ਨਿਮਰਤਾ ਸਹਿਤ ਉਸ (ਰੱਬ) ਦੇ ਹਜ਼ੂਰ ਪੇਸ਼ ਹੋਣਗੇ।

وَيَوْمَ يُنْفَخُ فِي الصُّوْرِ فَفَزِعَ مَنْ فِي السَّمٰوٰتِ وَمَنْ
فِي الْاَرْضِ اِلَّا مَنْ شَاۗءَ اللّٰهُ ۭ وَكُلٌّ اَتَوْهُ دٰخِرِيْنَ ۝87

88 ਤੁਸੀਂ ਪਹਾੜਾਂ ਨੂੰ ਆਪਣੀ ਥਾਂ 'ਤੇ ਗੱਡੇ ਹੋਏ ਸਮਝਦੇ ਹੋ ਪਰ (ਕਿਆਮਤ ਦਿਹਾੜੇ) ਉਹ ਵੀ ਬੱਦਲਾਂ ਵਾਂਗ ਉੱਡਦੇ ਹੋਣਗੇ, ਇਹੋ ਅੱਲਾਹ ਦੀ

وَتَرَى الْجِبَالَ تَحْسَبُهَا جَامِدَةً وَّهِىَ تَمُرُّ مَرَّ
السَّحَابِ ۭ صُنْعَ اللّٰهِ الَّذِيْٓ اَتْقَنَ كُلَّ شَيْءٍ ۭ
اِنَّهٗ خَبِيْرٌۢ بِمَا تَفْعَلُوْنَ ۝88

ਕਾਰੀਗਰੀ ਹੈ, ਉਸ ਨੇ ਹਰੇਕ ਚੀਜ਼ ਨੂੰ ਦ੍ਰਿੜ ਤੇ ਮਜ਼ਬੂਤ ਬਣਾਇਆ। ਤੁਸੀਂ ਜੋ ਵੀ ਕਰਦੇ ਹੋ ਉਸ ਤੋਂ (ਅੱਲਾਹ) ਜਾਣੂ ਹੈ।

مَن جَآءَ بِٱلْحَسَنَةِ فَلَهُۥ خَيْرٌ مِّنْهَا وَهُم مِّن فَزَعٍ يَوْمَئِذٍ ءَامِنُونَ ﴿٨٩﴾

89. ਜਿਹੜਾ ਵਿਅਕਤੀ ਨੇਕੀ ਲੈਕੇ ਆਵੇਗਾ ਉਸ ਨੂੰ ਵਧੀਆ ਬਦਲਾ ਮਿਲੇਗਾ ਅਤੇ ਉਹ ਉਸ ਦਿਨ ਦੀ ਘਬਰਾਹਟ ਤੋਂ ਨਿਸ਼ਚਿੰਤ ਹੋਵੇਗਾ।

وَمَن جَآءَ بِٱلسَّيِّئَةِ فَكُبَّتْ وُجُوهُهُمْ فِى ٱلنَّارِ هَلْ تُجْزَوْنَ إِلَّا مَا كُنتُمْ تَعْمَلُونَ ﴿٩٠﴾

90. ਪਰ ਜਿਹੜੇ ਲੋਕੀ ਬੁਰਾਈਆਂ ਲੈਕੇ ਆਉਣਗੇ ਉਹਨਾਂ ਨੂੰ ਮੂੰਧੇ ਮੂੰਹ ਅੱਗ ਵਿਚ ਸੁੱਟਿਆ ਜਾਵੇਗਾ (ਅਤੇ ਕਿਹਾ ਜਾਵੇਗਾ) ਕਿ ਤੁਹਾਨੂੰ ਉਸ ਦਾ ਹੀ ਬਦਲਾ ਦਿੱਤਾ ਜਾਵੇਗਾ ਜੋ ਅਮਲ ਤੁਸੀਂ (ਸੰਸਾਰ ਵਿਚ) ਕਰਦੇ ਸੀ।

إِنَّمَآ أُمِرْتُ أَنْ أَعْبُدَ رَبَّ هَٰذِهِ ٱلْبَلْدَةِ ٱلَّذِى حَرَّمَهَا وَلَهُۥ كُلُّ شَىْءٍ ۖ وَأُمِرْتُ أَنْ أَكُونَ مِنَ ٱلْمُسْلِمِينَ ﴿٩١﴾

91 (ਹੇ ਨਬੀ! ਤੁਸੀਂ ਕਹਿ ਦਿਓ ਕਿ) ਮੈਨੂੰ ਤਾਂ (ਰੱਬ ਵੱਲੋਂ) ਇਹੋ ਹੁਕਮ ਹੋਇਆ ਹੈ ਕਿ ਮੈਂ ਇਸ ਨਗਰ (ਮੱਕੇ) ਦੇ ਰੱਬ ਦੀ ਬੰਦਗੀ ਕਰਾਂ ਜਿਸ ਨੇ ਇਸ ਨੂੰ ਹੁਰਮਤ ਵਾਲਾ (ਸਤਿਕਾਰ ਯੋਗ) ਬਣਾਇਆ ਹੈ,[1] ਜਿਹੜਾ ਹਰੇਕ ਚੀਜ਼ ਦਾ ਮਾਲਿਕ ਹੈ ਅਤੇ ਮੈਨੂੰ ਇਹ ਵੀ ਹੁਕਮ ਹੋਇਆ ਹੈ ਕਿ ਮੈਂ ਮੁਸਲਮਾਨਾਂ (ਆਗਿਆਕਾਰੀਆਂ) ਵਿਚੋਂ ਹੋਵਾਂ।

وَأَنْ أَتْلُوَا۟ ٱلْقُرْءَانَ ۖ فَمَنِ ٱهْتَدَىٰ فَإِنَّمَا يَهْتَدِى لِنَفْسِهِۦ ۖ وَمَن ضَلَّ فَقُلْ إِنَّمَآ أَنَا۠ مِنَ ٱلْمُنذِرِينَ ﴿92﴾

92. (ਅਤੇ ਹੁਕਮ ਹੋਇਆ ਹੈ) ਕਿ ਕੁਰਆਨ ਦੀ ਤਲਾਵਤ ਕਰਾਂ (ਭਾਵ ਪੜ੍ਹ ਪੜ੍ਹ ਕੇ ਸੁਣਾਉਂਦਾ ਰਵਾਂ) ਜਿਹੜਾ ਕੋਈ (ਕੁਰਆਨ ਸੁਣ ਕੇ) ਸਿੱਧੇ ਰਾਹ 'ਤੇ ਆ ਜਾਵੇਗਾ ਉਹ ਆਪਣੇ ਭਲੇ ਲਈ ਹੀ ਹਿਦਾਇਤ ਪਾਵੇਗਾ ਅਤੇ ਜਿਹੜਾ ਕੁਰਾਹੇ ਪੈ ਗਿਆ ਤਾਂ ਉਸ ਨੂੰ ਆਖ ਦਿਓ ਕਿ ਮੈਂ ਤਾਂ ਕੇਵਲ ਸਾਵਧਾਨ ਕਰਨ ਵਾਲਿਆਂ ਵਿੱਚੋਂ ਹਾਂ।

---

[1] ਇਸ ਤੋਂ ਭਾਵ ਮੱਕਾ ਸ਼ਹਿਰ ਵਿਚ ਨਬੀ ਕਰੀਮ (ਸ:) ਨੇ ਫ਼ਤਿਹ ਮੱਕੇ ਦੇ ਦਿਨ ਫ਼ਰਮਾਇਆ "ਅੱਲਾਹ ਨੇ ਇਸ ਸ਼ਹਿਰ ਨੂੰ ਹਰਮ (ਅਮਨ ਦਾ ਸ਼ਹਿਰ) ਘੋਸ਼ਿਤ ਕੀਤਾ ਹੈ ਇਸ ਦੀਆਂ ਕੰਡੇਦਾਰ ਝਾੜੀਆਂ ਨਾ ਕੱਟੀਆਂ ਜਾਣ ਨਾ ਉੱਥੇ ਸ਼ਿਕਾਰ ਦਾ ਪਿੱਛਾ ਕੀਤਾ ਜਾਵੇ ਜੇ ਉੱਥੇ ਕੋਈ ਚੀਜ਼ ਗਿਰੀ ਪਈ ਹੋਵੇ ਉਸ ਨੂੰ ਨਾ ਚੁੱਕਿਆ ਜਾਵੇ। (ਸਹੀ ਬੁਖ਼ਾਰੀ, ਹਦੀਸ: 1587 ਅਤੇ ਵੇਖੋ ਹਾਸ਼ੀਆ ਸੂਰਤ ਬਕਰਾ 191/2)

وَقُلِ الْحَمْدُ لِلَّهِ سَيُرِيكُمْ آيَاتِهِ فَتَعْرِفُونَهَا ۚ
وَمَا رَبُّكَ بِغَافِلٍ عَمَّا تَعْمَلُونَ ﴿٩٣﴾

93. (ਹੇ ਨਬੀ!) ਉਹਨਾਂ (ਕਾਫ਼ਿਰਾਂ) ਨੂੰ ਕਹੋ ਕਿ ਸਾਰੀਆਂ ਤਾਰੀਫ਼ਾਂ ਅੱਲਾਹ ਲਈ ਹੀ ਹਨ ਉਹ ਤੁਹਾਨੂੰ ਛੇਤੀ ਹੀ ਆਪਣੀਆਂ (ਹੋਂਦ ਦੀਆਂ) ਨਿਸ਼ਾਨੀਆਂ ਵਿਖਾਵੇਗਾ ਜਿਨ੍ਹਾਂ ਨੂੰ ਤੁਸੀਂ ਆਪ ਹੀ ਪਛਾਣ ਲਵੋਗੇ ਅਤੇ ਜੋ ਕੁੱਝ ਤੁਸੀਂ ਕਰਦੇ ਹੋ ਉਸ ਤੋਂ ਤੁਹਾਡਾ ਰੱਬ ਬੇਖ਼ਬਰ ਨਹੀਂ ਹੈ।

28. ਸੂਰਤ ਅਲ-ਕਸਸ (ਮੱਕੀ-49)

سُورَةُ الْقَصَصِ

(ਆਇਤਾਂ 88, ਰੁਕੂਅ 9)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

طسم ﴿١﴾

1. ਤਾ, ਸੀਨ, ਮੀਮ।

تِلْكَ آيَاتُ الْكِتَابِ الْمُبِينِ ﴿٢﴾

2. ਇਹ ਰੌਸ਼ਨ ਕਿਤਾਬ (ਕੁਰਆਨ) ਦੀਆਂ ਆਇਤਾਂ ਹਨ।

نَتْلُو عَلَيْكَ مِنْ نَبَإِ مُوسَىٰ وَفِرْعَوْنَ بِالْحَقِّ
لِقَوْمٍ يُؤْمِنُونَ ﴿٣﴾

3. ਹੇ ਨਬੀ! ਅਸੀਂ ਤੁਹਾਨੂੰ ਮੂਸਾ ਤੇ ਹਾਰੂਨ ਦਾ ਹਾਲ ਠੀਕ-ਠਾਕ ਸੁਣਾਉਂਦੇ ਹਾਂ, ਇਹ ਕਿੱਸਾ ਉਹਨਾਂ ਲੋਕਾਂ (ਦੇ ਲਾਭ) ਲਈ ਹੈ ਜਿਹੜੇ ਈਮਾਨ ਰੱਖਦੇ ਹਨ।

إِنَّ فِرْعَوْنَ عَلَا فِي الْأَرْضِ وَجَعَلَ أَهْلَهَا
شِيَعًا يَسْتَضْعِفُ طَائِفَةً مِنْهُمْ يُذَبِّحُ أَبْنَاءَهُمْ
وَيَسْتَحْيِي نِسَاءَهُمْ ۚ إِنَّهُ كَانَ مِنَ الْمُفْسِدِينَ ﴿٤﴾

4. ਫ਼ਿਰਔਨ ਨੇ ਧਰਤੀ (ਮਿਸਰ) ਉੱਤੇ ਸਰਕਸ਼ੀ (ਬਗ਼ਾਵਤ) ਫੈਲਾ ਰੱਖੀ ਸੀ ਅਤੇ ਮਿਸਰ ਦੇ ਲੋਕਾਂ ਨੂੰ ਕਈ ਧੜਿਆਂ ਵਿਚ ਵੰਡ ਸੁੱਟਿਆ ਸੀ। ਉਹਨਾਂ ਵਿੱਚੋਂ ਇਕ ਧੜੇ (ਬਨੀ-ਇਸਰਾਈਲ) ਨੂੰ ਕਮਜ਼ੋਰ ਸਮਝ ਕੇ ਦਬਾ ਕੇ ਰੱਖਦਾ ਸੀ। ਉਹ ਉਹਨਾਂ ਦੇ ਪੁੱਤਰਾਂ ਨੂੰ ਮਾਰ ਸੁੱਟਦਾ ਸੀ ਅਤੇ ਧੀਆਂ ਨੂੰ ਜਿਊਂਦੀਆਂ ਰਖਦਾ ਸੀ। ਅਸਲ ਵਿਚ ਉਹ ਫ਼ਸਾਦੀਆਂ ਵਿੱਚੋਂ ਹੀ ਸੀ।

وَنُرِيدُ أَن نَّمُنَّ عَلَى ٱلَّذِينَ ٱسْتُضْعِفُوا۟ فِى ٱلْأَرْضِ
وَنَجْعَلَهُمْ أَئِمَّةً وَنَجْعَلَهُمُ ٱلْوَٰرِثِينَ ۝٥

5. ਅਸੀਂ ਚਾਹੁੰਦੇ ਸੀ ਕਿ ਅਸੀਂ ਉਹਨਾਂ ਲੋਕਾਂ 'ਤੇ ਅਹਿਸਾਨ ਕਰੀਏ, ਜਿਨ੍ਹਾਂ ਨੂੰ ਧਰਤੀ ਉੱਤੇ ਕਮਜ਼ੋਰ (ਬੇ ਵਸ) ਸਮਝ ਕੇ ਦਬਾ ਕੇ ਰੱਖਿਆ ਗਿਆ ਸੀ, ਉਹਨਾਂ ਨੂੰ ਆਗੂ ਅਤੇ ਉਹਨਾਂ ਨੂੰ ਹੀ (ਮਿਸਰ ਦਾ) ਵਾਰਸ ਬਣਾ ਦਈਏ।

وَنُمَكِّنَ لَهُمْ فِى ٱلْأَرْضِ وَنُرِىَ فِرْعَوْنَ وَهَٰمَٰنَ
وَجُنُودَهُمَا مِنْهُم مَّا كَانُوا۟ يَحْذَرُونَ ۝٦

6 ਅਤੇ ਇਹ ਵੀ ਇੱਛਾ ਸੀ ਕਿ ਅਸੀਂ ਉਹਨਾਂ (ਕਮਜ਼ੋਰ ਲੋਕਾਂ) ਨੂੰ (ਫ਼ਲਸਤੀਨ ਦੀ ਧਰਤੀ ਦੀ) ਪ੍ਰਭੂਸੱਤਾ ਬਖ਼ਸ਼ੀਏ ਅਤੇ ਫ਼ਿਰਔਨ, ਹਾਮਾਨ ਅਤੇ ਉਹਨਾਂ ਦੀਆਂ ਫ਼ੌਜਾਂ ਨੂੰ (ਉਹਨਾਂ ਕਮਜ਼ੋਰ ਲੋਕਾਂ ਦੇ ਹੱਥੋਂ) ਉਹ (ਭਵਿੱਖਵਾਣੀ ਸੱਚ ਕਰ) ਵਿਖਾ ਦਈਏ ਜਿਸ ਤੋਂ ਉਹ ਡਰ ਰਹੇ ਸੀ।

وَأَوْحَيْنَآ إِلَىٰٓ أُمِّ مُوسَىٰٓ أَنْ أَرْضِعِيهِ ۖ فَإِذَا خِفْتِ عَلَيْهِ
فَأَلْقِيهِ فِى ٱلْيَمِّ وَلَا تَخَافِى وَلَا تَحْزَنِىٓ ۖ إِنَّا رَآدُّوهُ
إِلَيْكِ وَجَاعِلُوهُ مِنَ ٱلْمُرْسَلِينَ ۝٧

7. ਅਸੀਂ ਮੂਸਾ ਦੀ ਮਾਂ ਨੂੰ ਇਸ਼ਾਰਾ ਕੀਤਾ ਕਿ ਤੂੰ ਇਸ (ਮੂਸਾ) ਨੂੰ ਦੁੱਧ ਪਿਆਉਂਦੀ ਰਹਿ ਅਤੇ ਜੇ ਇਸ ਵੱਲੋਂ ਕੋਈ ਚਿੰਤਾ ਹੋਵੇ (ਕਿ ਫ਼ਿਰਔਨ ਦੇ ਬੰਦੇ ਇਸ ਨੂੰ ਮਾਰ ਨਾ ਦੇਣ) ਤਾਂ ਤੂੰ ਇਸ (ਮੂਸਾ) ਨੂੰ ਦਰਿਆ ਵਿਚ ਰੋੜ੍ਹ ਦਈਂ, ਨਾ ਕਿਸੇ ਤਰ੍ਹਾਂ ਦਾ ਕੋਈ ਡਰ ਖ਼ੌਫ਼ ਰੱਖਣਾ ਤੇ ਨਾ ਹੀ ਕੋਈ ਚਿੰਤਾ ਆਦਿ ਕਰਨਾ। ਅਸੀਂ (ਅੱਲਾਹ) ਇਸ (ਮੂਸਾ) ਨੂੰ ਤੇਰੇ ਕੋਲ ਮੋੜ ਲਿਆਵਾਂਗੇ ਅਤੇ ਇਸ ਨੂੰ ਆਪਣੇ ਪੈਗ਼ੰਬਰਾਂ ਵਿਚ ਸ਼ਾਮਲ ਕਰਾਂਗੇ।

فَٱلْتَقَطَهُۥٓ ءَالُ فِرْعَوْنَ لِيَكُونَ لَهُمْ عَدُوًّا وَحَزَنًا ۗ
إِنَّ فِرْعَوْنَ وَهَٰمَٰنَ وَجُنُودَهُمَا كَانُوا۟ خَٰطِـِٔينَ ۝٨

8 ਸੋ ਫ਼ਿਰਔਨ ਦੇ ਘਰ ਵਾਲਿਆਂ ਨੇ ਉਸ (ਮੂਸਾ) ਨੂੰ (ਦਰਿਆ 'ਚੋਂ) ਕੱਢ ਲਿਆ ਤਾਂ ਜੋ ਇਹ (ਮੂਸਾ ਇਕ ਦਿਨ) ਉਹਨਾਂ (ਫ਼ਿਰਔਨੀਆਂ) ਦਾ ਦੁਸ਼ਮਨ ਸਿੱਧ ਹੋਵੇ ਅਤੇ ਉਹਨਾਂ ਦੀ ਚਿੰਤਾ ਦਾ ਕਾਰਨ ਬਣੇ। ਬੇਸ਼ੱਕ ਫ਼ਿਰਔਨ, ਹਾਮਾਨ ਅਤੇ ਉਹਨਾਂ ਦੀਆਂ ਫ਼ੌਜਾਂ (ਸਾਥੀ) ਅਪਰਾਧੀ ਸਨ।

9. (ਫ਼ਿਰਔਨ ਨੇ ਜਦੋਂ ਉਸ ਬੱਚੇ ਨੂੰ ਕਤਲ ਕਰਨਾ ਚਾਹਿਆ ਤਾਂ) ਫ਼ਿਰਔਨ ਦੀ ਪਤਨੀ ਨੇ ਕਿਹਾ ਇਹ ਬੱਚਾ ਤਾਂ ਤੁਹਾਡੇ ਤੇ ਮੇਰੇ ਲਈ ਅੱਖਾਂ ਦੀ ਠੰਢਕ ਹੈ, ਇਸ ਨੂੰ ਨਾ ਮਾਰੋ, ਹੋ ਸਕਦਾ ਹੈ ਕਿ ਇਹ ਸਾਡੇ ਲਈ ਲਾਹੇਵੰਦ ਸਿੱਧ ਹੋਵੇ ਜਾਂ ਅਸੀਂ ਇਸ ਨੂੰ ਆਪਣਾ ਪੁੱਤਰ ਹੀ ਬਣਾ ਲਈਏ। (ਅਸਲ ਗੱਲ ਤਾਂ ਇਹ ਹੈ ਕਿ) ਉਹ ਇਸ ਦੇ ਸਿੱਟੇ ਤੋਂ ਅਣਜਾਣ ਸੀ ਉਹਨਾਂ ਨੂੰ ਕੁੱਝ ਵੀ ਸਮਝ ਨਹੀਂ ਸੀ (ਕਿ ਉਹ ਕਿਸ ਨੂੰ ਪੁੱਤਰ ਬਣਾ ਰਹੇ ਹਨ)।

وَقَالَتِ امْرَاَتُ فِرْعَوْنَ قُرَّتُ عَيْنٍ لِّيْ وَلَكَ ۖ
لَا تَقْتُلُوْهُ ۖ عَسٰٓى اَنْ يَّنْفَعَنَآ اَوْ نَتَّخِذَهٗ وَلَدًا
وَّهُمْ لَا يَشْعُرُوْنَ ۝٩

10. ਉੱਧਰ ਮੂਸਾ ਦੀ ਮਾਂ ਦਾ ਦਿਲ ਬੇਚੈਨ ਸੀ, ਜੇ ਅਸੀਂ ਉਸ ਨੂੰ ਹੌਸਲਾ ਨਾ ਦੁਆਉਂਦੇ ਤਾਂ ਹੋ ਸਕਦਾ ਸੀ ਕਿ ਉਹ ਇਸ ਭੇਦ ਨੂੰ ਹੀ ਖੋਲ ਦਿੰਦੀ। (ਇਹ ਹੌਸਲਾ ਇਸ ਲਈ ਦਿੱਤਾ ਗਿਆ ਸੀ) ਤਾਂ ਜੋ ਉਹ (ਸਾਡੇ ਵਚਨਾਂ ਉੱਤੇ) ਭਰੋਸਾ ਕਰਨ ਵਾਲਿਆਂ ਵਿੱਚੋਂ ਹੋ ਜਾਵੇ।

وَاَصْبَحَ فُؤَادُ اُمِّ مُوْسٰى فٰرِغًا ۖ اِنْ كَادَتْ لَتُبْدِيْ
بِهٖ لَوْلَآ اَنْ رَّبَطْنَا عَلٰى قَلْبِهَا لِتَكُوْنَ مِنَ
الْمُؤْمِنِيْنَ ۝١٠

11. ਮੂਸਾ ਦੀ ਮਾਂ ਨੇ ਉਸ (ਮੂਸਾ) ਦੀ ਭੈਣ ਨੂੰ ਕਿਹਾ ਕਿ ਤੂੰ ਇਸ ਦੇ ਪਿੱਛੇ-ਪਿੱਛੇ ਜਾ ਅਤੇ ਉਹ (ਭੈਣ) ਉਸ (ਮੂਸਾ) ਨੂੰ ਦੂਰ ਤੋਂ ਹੀ ਵੇਖਦੇ ਹੋਏ ਪਿੱਛੇ-ਪਿੱਛੇ ਜਾ ਰਹੀ ਸੀ ਜਦ ਕਿ ਫ਼ਿਰਔਨੀਆਂ ਨੂੰ ਇਸ ਦਾ ਕੁੱਝ ਪਤਾ ਵੀ ਨਹੀਂ ਸੀ।

وَقَالَتْ لِاُخْتِهٖ قُصِّيْهِ ۖ فَبَصُرَتْ بِهٖ عَنْ جُنُبٍ
وَّهُمْ لَا يَشْعُرُوْنَ ۝١١

12 ਅਸੀਂ (ਮੂਸਾ ਤੇ ਮੂਸਾ ਦੀ ਭੈਣ ਦੇ ਫ਼ਿਰਔਨ ਦੇ ਦਰਬਾਰ ਵਿਚ ਪਹੁੰਚਣ ਤੋਂ) ਪਹਿਲਾਂ ਹੀ ਮੂਸਾ ਉੱਤੇ ਦਾਈਆਂ ਦਾ ਦੁੱਧ ਹਰਾਮ ਕਰ (ਭਾਵ ਦੁੱਧ ਚੁੰਘਣ ਤੋਂ ਰੋਕ) ਦਿੱਤਾ ਸੀ। ਮੂਸਾ ਦੀ ਭੈਣ ਨੇ (ਫ਼ਿਰਔਨ ਦੀ ਪਤਨੀ ਨੂੰ) ਕਿਹਾ, ਕੀ ਮੈਂ ਤੁਹਾਨੂੰ ਉਹ ਘਰ ਦੱਸਾਂ ਜਿਹੜਾ ਇਸ ਬੱਚੇ ਦਾ ਪਾਲਣ

وَحَرَّمْنَا عَلَيْهِ الْمَرَاضِعَ مِنْ قَبْلُ فَقَالَتْ هَلْ
اَدُلُّكُمْ عَلٰٓى اَهْلِ بَيْتٍ يَّكْفُلُوْنَهٗ لَكُمْ وَهُمْ لَهٗ
نٰصِحُوْنَ ۝١٢

ਪੋਸ਼ਣ ਕਰੇ ਅਤੇ ਇਸ ਬੱਚੇ ਦੇ ਸ਼ੁਭ ਚਿੰਤਕ ਵੀ ਹੋਣ।

13. ਇੰਜ ਅਸੀਂ ਉਸ ਬੱਚੇ (ਮੂਸਾ) ਨੂੰ ਉਸ ਦੀ ਮਾਂ ਕੋਲ ਮੋੜ ਲਿਆਂਦਾ ਤਾਂ ਜੋ ਉਸ ਦੀਆਂ ਅੱਖਾਂ ਠੰਡੀਆਂ ਰਹਿਣ ਅਤੇ ਕਿਸੇ ਪ੍ਰਕਾਰ ਦੀ ਕੋਈ ਚਿੰਤਾ ਨਾ ਹੋਵੇ ਅਤੇ ਇਹ ਵੀ ਜਾਣ ਲਵੇ ਕਿ ਬੇਸ਼ੱਕ ਅੱਲਾਹ ਦਾ ਵਾਅਦਾ ਸੱਚਾ ਹੁੰਦਾ ਹੈ, ਪਰ ਬਥੇਰੇ ਲੋਕੀ ਇਹ ਗੱਲ ਨਹੀਂ ਜਾਣਦੇ।

فَرَدَدْنٰهُ إِلٰىٓ أُمِّهٖ كَيْ تَقَرَّ عَيْنُهَا وَلَا تَحْزَنَ وَلِتَعْلَمَ أَنَّ وَعْدَ اللّٰهِ حَقٌّ وَّلٰكِنَّ أَكْثَرَهُمْ لَا يَعْلَمُوْنَ ﴿١٣﴾

14. ਜਦੋਂ ਮੂਸਾ ਆਪਣੀ ਭਰ ਜਵਾਨੀ ਨੂੰ ਪੁੱਜ ਗਿਆ ਅਤੇ ਸਮਝ ਬੂਝ ਵਾਲਾ ਹੋ ਗਿਆ ਫੇਰ ਅਸੀਂ ਉਸ (ਮੂਸਾ) ਨੂੰ ਹਿਕਮਤ (ਸਮਝਦਾਰੀ) ਤੇ ਗਿਆਨ ਬਖ਼ਸ਼ਿਆ। ਅਸੀਂ ਨੇਕੀ ਕਰਨ ਵਾਲਿਆਂ ਨੂੰ ਇੰਜ ਹੀ ਬਦਲਾ ਦਿਆ ਕਰਦਾ ਹਾਂ।

وَلَمَّا بَلَغَ أَشُدَّهٗ وَاسْتَوٰىٓ اٰتَيْنٰهُ حُكْمًا وَّعِلْمًا ۚ وَكَذٰلِكَ نَجْزِي الْمُحْسِنِيْنَ ﴿١٤﴾

15. (ਇਕ ਦਿਨ ਮੂਸਾ) ਉਸ ਸ਼ਹਿਰ ਵਿਚ ਅਜਿਹੇ ਵੇਲੇ ਦਾਖ਼ਲ ਹੋਇਆ ਜਦੋਂ ਸ਼ਹਿਰ ਨਿਵਾਸੀ ਬੇਖ਼ਬਰੀ ਵਿਚ ਸਨ। ਉੱਥੇ ਉਸ (ਮੂਸਾ ਨੇ) ਦੋ ਆਦਮੀਆਂ ਨੂੰ ਲੜਦੇ ਵੇਖਿਆ। (ਉਹਨਾਂ ਵਿਚ) ਇਕ ਤਾਂ ਉਸ (ਮੂਸਾ) ਦੀ ਕੌਮ ਵਿੱਚੋਂ ਸੀ ਅਤੇ ਦੂਜਾ ਉਸ ਦੀ ਵੈਰੀ ਕੌਮ ਵਿੱਚੋਂ ਸੀ। ਜਿਹੜਾ (ਮੂਸਾ) ਦੀ ਕੌਮ ਵਿੱਚੋਂ ਸੀ ਉਸ ਨੇ ਉਸ ਦੇ ਵਿਰੁੱਧ, ਜੋ ਉਸ ਦੀ ਕੌਮ ਦਾ ਵੈਰੀ ਸੀ, ਉਸ (ਮੂਸਾ) ਤੋਂ ਸਹਾਇਤਾ ਮੰਗੀ। ਜਿਸ ਤੇ ਮੂਸਾ ਨੇ ਉਸ ਦੇ ਇਕ ਮੁੱਕਾ ਜੜ੍ਹ ਦਿੱਤਾ ਜਿਸ ਕਾਰਨ ਉਹ ਮਰ ਗਿਆ। ਮੂਸਾ (ਨੂੰ ਇਸ ਦਾ ਪਛਤਾਵਾ ਹੋਇਆ ਅਤੇ) ਆਖਣ ਲੱਗਾ ਕਿ ਇਹ ਤਾਂ ਸ਼ੈਤਾਨੀ ਕੰਮ ਹੈ, ਬੇਸ਼ੱਕ ਉਹ ਸ਼ੈਤਾਨ (ਮਨੁੱਖ ਦਾ) ਖੁੱਲ੍ਹਾ ਦੁਸ਼ਮਨ ਹੈ ਅਤੇ ਕੁਰਾਹੇ ਪਾਉਂਦਾ ਹੈ।

وَدَخَلَ الْمَدِيْنَةَ عَلٰى حِيْنِ غَفْلَةٍ مِّنْ أَهْلِهَا فَوَجَدَ فِيْهَا رَجُلَيْنِ يَقْتَتِلٰنِ هٰذَا مِنْ شِيْعَتِهٖ وَهٰذَا مِنْ عَدُوِّهٖ ۚ فَاسْتَغَاثَهُ الَّذِيْ مِنْ شِيْعَتِهٖ عَلَى الَّذِيْ مِنْ عَدُوِّهٖ ۙ فَوَكَزَهٗ مُوْسٰى فَقَضٰى عَلَيْهِ ۖ قَالَ هٰذَا مِنْ عَمَلِ الشَّيْطٰنِ ۖ إِنَّهٗ عَدُوٌّ مُّضِلٌّ مُّبِيْنٌ ﴿١٥﴾

16. (ਮੂਸਾ ਨੇ ਮੁਆਫ਼ੀ ਮੰਗਦੇ ਹੋਏ) ਕਿਹਾ ਕਿ ਹੇ ਮੇਰੇ ਮਾਲਿਕ! ਮੈਂ ਆਪਣੇ ਆਪ ਨਾਲ ਜ਼ੁਲਮ ਕੀਤਾ ਹੈ, ਸੋ ਤੂੰ ਮੈਨੂੰ ਖਿਮਾ ਕਰ ਦੇ। ਅੱਲਾਹ ਨੇ ਉਸ ਨੂੰ ਮੁਆਫ਼ ਕਰ ਦਿੱਤਾ। ਉਹ ਆਪਣੀਆਂ ਮਿਹਰਾਂ ਸਦਕੇ ਬਖ਼ਸ਼ਣਹਾਰ ਹੈ।

قَالَ رَبِّ إِنِّي ظَلَمْتُ نَفْسِي فَاغْفِرْ لِي فَغَفَرَ لَهُ ۚ
إِنَّهُ هُوَ الْغَفُورُ الرَّحِيمُ ﴿١٦﴾

17. (ਮੂਸਾ) ਨੇ ਆਖਿਆ ਕਿ ਹੇ ਮੇਰੇ ਰੱਬਾ! ਜਿਵੇਂ ਤੂੰ ਮੇਰੇ 'ਤੇ ਉਪਕਾਰ ਕੀਤਾ ਹੈ ਹੁਣ ਮੈਂ ਕਦੇ ਵੀ ਕਿਸੇ ਅਪਰਾਧੀ ਦੀ ਮਦਦ ਨਹੀਂ ਕਰਾਂਗਾ।

قَالَ رَبِّ بِمَا أَنْعَمْتَ عَلَيَّ فَلَنْ أَكُونَ ظَهِيرًا
لِلْمُجْرِمِينَ ﴿١٧﴾

18. ਫੇਰ ਮੂਸਾ ਨੇ ਸ਼ਹਿਰ ਵਿਚ ਡਰਦੇ ਡਰਦੇ ਅਤੇ ਇੱਧਰ ਉੱਧਰ ਵੇਖਦੇ ਹੋਏ ਸਵੇਰ ਕੀਤੀ, ਅਚਣਚੇਤ ਉਸ ਨੇ ਵੇਖਿਆ ਕਿ ਜਿਸ ਵਿਅਕਤੀ ਨੇ ਕੱਲ੍ਹ ਉਸ (ਮੂਸਾ) ਤੋਂ ਸਹਾਇਤਾ ਮੰਗੀ ਸੀ (ਅੱਜ ਫੇਰ ਉਸ ਨੂੰ) ਮਦਦ ਲਈ ਕਹਿ ਰਿਹਾ ਹੈ। ਮੂਸਾ ਨੇ ਉਸ ਨੂੰ ਕਿਹਾ ਕਿ ਇਸ ਵਿਚ ਕੋਈ ਸ਼ੱਕ ਨਹੀਂ ਕਿ ਤੂੰ ਤਾਂ ਵਿਗੜਿਆ ਹੋਇਆ ਆਦਮੀ ਹੈਂ।

فَأَصْبَحَ فِي الْمَدِينَةِ خَائِفًا يَتَرَقَّبُ فَإِذَا الَّذِي
اسْتَنْصَرَهُ بِالْأَمْسِ يَسْتَصْرِخُهُ ۚ قَالَ لَهُ مُوسَىٰ
إِنَّكَ لَغَوِيٌّ مُبِينٌ ﴿١٨﴾

19. ਜਦੋਂ (ਮੂਸਾ ਨੇ) ਆਪਣੇ ਅਤੇ ਉਸ ਵਿਅਕਤੀ ਨੂੰ ਫੜਨਾ ਚਾਹਿਆ, ਜਿਹੜਾ ਉਹਨਾਂ ਦੋਹਾਂ ਦਾ ਵੈਰੀ ਸੀ ਤਾਂ ਉਹ (ਇਸਰਾਈਲੀ) ਆਖਣ ਲੱਗਾ ਕਿ ਹੇ ਮੂਸਾ! ਜਿਵੇਂ ਤੂੰ ਕੱਲ੍ਹ ਇਕ ਵਿਅਕਤੀ ਨੂੰ ਕਤਲ ਕੀਤਾ ਸੀ, ਕੀ ਤੂੰ ਉਸੇ ਪ੍ਰਕਾਰ ਮੈਨੂੰ ਵੀ ਮਾਰਨਾ ਚਾਹੁੰਦਾ ਹੈਂ? ਤੂੰ ਤਾਂ ਇਹ ਚਾਹੁੰਦਾ ਹੈਂ ਕਿ ਇਸ ਦੇਸ਼ ਵਿਚ ਜਬਰ ਦੇ ਜ਼ੁਲਮ ਕਰਦਾ ਫਿਰੇਂ, ਤੂੰ ਨਹੀਂ ਚਾਹੁੰਦਾ ਕਿ ਕੋਈ ਸੁਧਾਰ ਹੋਵੇ।

فَلَمَّا أَنْ أَرَادَ أَنْ يَبْطِشَ بِالَّذِي هُوَ عَدُوٌّ لَهُمَا
قَالَ يَا مُوسَىٰ أَتُرِيدُ أَنْ تَقْتُلَنِي كَمَا قَتَلْتَ نَفْسًا
بِالْأَمْسِ ۖ إِنْ تُرِيدُ إِلَّا أَنْ تَكُونَ جَبَّارًا فِي
الْأَرْضِ وَمَا تُرِيدُ أَنْ تَكُونَ مِنَ الْمُصْلِحِينَ ﴿١٩﴾

20. (ਉਸੇ ਵੇਲੇ) ਸ਼ਹਿਰ ਦੇ ਪਰਲੇ ਸਿਰਿਓਂ ਦੌੜਦਾ ਹੋਇਆ ਇਕ ਵਿਅਕਤੀ ਆਇਆ ਅਤੇ ਆਖਣ ਲੱਗਾ ਕਿ ਹੇ ਮੂਸਾ! (ਮਿਸਰ) ਦੇ ਸਰਦਾਰ ਤੇਰੇ

وَجَاءَ رَجُلٌ مِنْ أَقْصَى الْمَدِينَةِ يَسْعَىٰ قَالَ
يَا مُوسَىٰ إِنَّ الْمَلَأَ يَأْتَمِرُونَ بِكَ لِيَقْتُلُوكَ فَاخْرُجْ
إِنِّي لَكَ مِنَ النَّاصِحِينَ ﴿٢٠﴾

ਵਿਰੁੱਧ ਸਲਾਹਾਂ ਕਰ ਰਹੇ ਹਨ, ਬੱਸ ਤੂੰ (ਛੇਤੀ ਤੋਂ ਛੇਤੀ) ਇੱਥੋਂ ਨਿਕਲ ਜਾ ਮੈਂ ਤੇਰੇ ਸ਼ੁਭ ਚਿੰਤਕਾਂ ਵਿੱਚੋਂ ਹਾਂ।

21. (ਇਹ ਸੁਣਦੇ ਹੀ) ਮੂਸਾ ਉਸ ਸ਼ਹਿਰ 'ਚੋਂ ਡਰਦੇ ਸਹਿਮਦੇ ਆਲੇ-ਦੁਆਲੇ ਵੇਖਦੇ ਹੋਏ ਨਿਕਲ ਤੁਰਿਆ ਅਤੇ ਆਖਣ ਲੱਗਿਆ ਕਿ ਹੇ ਮੇਰੇ ਪਾਲਣਹਾਰ! ਮੈਨੂੰ ਜ਼ਾਲਮਾਂ ਦੀ ਕੌਮ ਤੋਂ ਸੁਰੱਖਿਅਤ ਰੱਖ।

فَخَرَجَ مِنْهَا خَائِفًا يَتَرَقَّبُ ۖ قَالَ رَبِّ نَجِّنِي مِنَ الْقَوْمِ الظَّالِمِينَ ٢١

22. ਜਦੋਂ ਉਹ (ਮੂਸਾ) ਨੇ ਮਦਯਨ ਵੱਲ ਚੱਲ ਪਿਆ ਤਾਂ ਕਹਿਣ ਲੱਗਾ ਕਿ ਆਸ ਹੈ ਕਿ ਮੇਰਾ ਰੱਬ ਮੈਨੂੰ ਸਿੱਧੇ ਰਾਹ ਦੀ ਹਿਦਾਇਤ ਦੇਵੇਗਾ।

وَلَمَّا تَوَجَّهَ تِلْقَاءَ مَدْيَنَ قَالَ عَسَىٰ رَبِّي أَنْ يَهْدِيَنِي سَوَاءَ السَّبِيلِ ٢٢

23 ਜਦੋਂ ਉਹ ਮਦਯਨ ਦੇ ਪਾਣੀ (ਖੂਹ) 'ਤੇ ਅੱਪੜਿਆ ਤਾਂ ਉੱਥੇ ਉਸ ਨੇ ਲੋਕਾਂ ਦੀ ਇਕ ਭੀੜ ਵੇਖੀ, ਉਹ ਆਪਣੇ ਪਸ਼ੂਆਂ ਨੂੰ ਪਾਣੀ ਪਿਆ ਰਹੇ ਸਨ। ਉੱਥੇ ਹੀ ਉਸ ਨੇ ਦੋ ਔਰਤਾਂ ਵੇਖੀਆਂ ਜਿਹੜੀਆਂ (ਆਪਣੇ ਪਸ਼ੂਆਂ ਨੂੰ) ਰੋਕੀ ਵੱਖਰੀਆਂ ਖੜ੍ਹੀਆਂ ਸਨ। ਮੂਸਾ ਨੇ ਉਹਨਾਂ ਤੋਂ ਪੁੱਛਿਆ, ਕੀ ਗੱਲ ਤੁਸੀਂ ਪਾਣੀ ਨਹੀਂ ਪਿਆ ਰਹੀਆਂ? ਉਹ ਬੋਲੀਆਂ ਕਿ ਜਦੋਂ ਤਕ ਇਹ ਆਜੜੀ ਇੱਥੋਂ (ਪਾਣੀ ਪਿਆ ਕੇ) ਮੁੜ ਨਹੀਂ ਜਾਂਦੇ ਅਸੀਂ ਪਾਣੀ ਨਹੀਂ ਪਿਆ ਸਕਦੀਆਂ, ਸਾਡੇ ਪਿਤਾ ਜੀ ਬਹੁਤ ਬਿਰਧ ਹੋ ਚੁੱਕੇ ਹਨ

وَلَمَّا وَرَدَ مَاءَ مَدْيَنَ وَجَدَ عَلَيْهِ أُمَّةً مِنَ النَّاسِ يَسْقُونَ وَوَجَدَ مِنْ دُونِهِمُ امْرَأَتَيْنِ تَذُودَانِ ۖ قَالَ مَا خَطْبُكُمَا ۖ قَالَتَا لَا نَسْقِي حَتَّىٰ يُصْدِرَ الرِّعَاءُ ۖ وَأَبُونَا شَيْخٌ كَبِيرٌ ٢٣

24 ਇਹ ਸੁਣ ਕੇ ਮੂਸਾ ਨੇ ਉਹਨਾਂ ਦੇ ਪਸ਼ੂਆਂ ਨੂੰ ਪਾਣੀ ਪਿਆ ਦਿੱਤਾ, ਫੇਰ ਇਕ ਛਾਂ ਵਾਲੀ ਥਾਂ ਜਾ ਕੇ ਬਹਿ ਗਿਆ ਤੇ ਆਖਿਆ ਕਿ ਹੇ ਮੇਰੇ ਰੱਬਾ! ਤੂੰ ਜਿਹੜੀ ਵੀ ਨੇਕੀ ਮੇਰੇ ਵੱਲ ਉਤਾਰਦਾ ਹੈਂ, ਮੈਂ ਉਸ ਦਾ ਮੁਥਾਜ ਹਾਂ।

فَسَقَىٰ لَهُمَا ثُمَّ تَوَلَّىٰ إِلَى الظِّلِّ فَقَالَ رَبِّ إِنِّي لِمَا أَنْزَلْتَ إِلَيَّ مِنْ خَيْرٍ فَقِيرٌ ٢٤

25 (ਕੁੱਝ ਚਿਰ ਮਗਰੋਂ) ਉਹਨਾਂ ਦੋਵਾਂ ਔਰਤਾਂ ਵਿੱਚੋਂ ਇਕ ਔਰਤ ਸ਼ਰਮਾਉਂਦੀ ਲੱਜਾਉਂਦੀ ਹੋਈ ਉਸ ਕੋਲ ਆਈ ਤੇ ਕਹਿਣ ਲੱਗੀ ਕਿ ਤੁਹਾਨੂੰ ਮੇਰੇ ਪਿਤਾ ਜੀ ਨੇ ਬੁਲਾਇਆ ਹੈ ਤਾਂ ਕਿ ਜਿਹੜਾ ਤੁਸੀਂ (ਪਸ਼ੂਆਂ ਨੂੰ) ਪਾਣੀ ਪਿਆਇਆ ਹੈ ਉਸ ਦੀ ਮਜ਼ਦੂਰੀ ਦੇਣ। ਜਦੋਂ ਉਹ ਉਸ (ਪਿਤਾ) ਦੇ ਕੋਲ ਪੁੱਜਿਆ ਅਤੇ ਉਹਨਾਂ ਨੂੰ ਆਪਣੀ ਕਹਾਣੀ ਸੁਣਾਈ ਤਾਂ ਉਹ ਕਹਿਣ ਲੱਗਿਆ ਕਿ ਹੁਣ ਕੋਈ ਡਰਨ ਦੀ ਲੋੜ ਨਹੀਂ, ਤੁਸੀਂ ਜ਼ਾਲਮ ਕੌਮ ਤੋਂ ਨਜਾਤ ਪਾ ਚੁੱਕੇ ਹੋ।

فَجَآءَتْهُ إِحْدٰىهُمَا تَمْشِىْ عَلَى اسْتِحْيَآءٍ قَالَتْ إِنَّ
أَبِىْ يَدْعُوْكَ لِيَجْزِيَكَ أَجْرَ مَا سَقَيْتَ لَنَا ۭ فَلَمَّا
جَآءَهٗ وَقَصَّ عَلَيْهِ الْقَصَصَ قَالَ لَا تَخَفْ ۟
نَجَوْتَ مِنَ الْقَوْمِ الظّٰلِمِيْنَ ۝25

26 ਉਹਨਾਂ ਦੋਵਾਂ (ਔਰਤਾਂ) ਵਿੱਚੋਂ ਇਕ (ਔਰਤ) ਨੇ ਕਿਹਾ ਕਿ ਪਿਤਾ ਜੀ, ਇਸ ਵਿਅਕਤੀ (ਮੂਸਾ) ਨੂੰ ਮਜ਼ਦੂਰੀ ਲਈ ਰੱਖ ਲਓ, ਮਜ਼ਦੂਰੀ ਲਈ ਸਾਰਿਆਂ ਤੋਂ ਚੰਗਾ ਉਹੀਓ ਹੁੰਦਾ ਹੈ ਜਿਹੜਾ ਤਾਕਤਵਰ ਅਤੇ ਅਮਾਨਤਦਾਰ ਵੀ ਹੋਵੇ।

قَالَتْ إِحْدٰىهُمَا يٰٓأَبَتِ اسْتَـْٔجِرْهُ ۡ إِنَّ خَيْرَ
مَنِ اسْتَـْٔجَرْتَ الْقَوِىُّ الْأَمِيْنُ ۝26

27. ਉਸ (ਔਰਤ ਦੇ ਪਿਤਾ ਨੇ ਮੂਸਾ ਨੂੰ) ਕਿਹਾ ਕਿ ਮੈਂ ਆਪਣੀਆਂ ਧੀਆਂ ਵਿੱਚੋਂ ਇਕ ਨੂੰ ਤੇਰੇ ਨਿਕਾਹ ਵਿਚ ਦੇਣਾ ਚਾਹੁੰਦਾ ਹਾਂ ਪਰ ਇਸ ਸ਼ਰਤ 'ਤੇ ਕਿ ਤੁਸੀਂ ਅੱਠ ਸਾਲ (ਮਹਿਰ ਵਜੋਂ) ਮੇਰੀ ਨੌਕਰੀ ਕਰੋਗੇ, ਹਾਂ! ਜੇ ਦਸ ਸਾਲ ਤਕ ਕਰੋ ਤਾਂ ਇਹ ਤੁਹਾਡੀ ਇੱਛਾ ਹੈ ਮੈਂ ਤੁਹਾਡੇ 'ਤੇ ਸਖ਼ਤੀ ਕਰਨਾ ਨਹੀਂ ਚਾਹੁੰਦਾ। ਜੇ ਅੱਲਾਹ ਨੂੰ ਇਹ ਮਨਜ਼ੂਰ ਹੋਇਆ ਤਾਂ ਤੁਸੀਂ ਮੈਨੂੰ ਇਕ ਭਲਾ ਆਦਮੀ ਹੀ ਵੇਖੋਗੇ।

قَالَ إِنِّىْٓ أُرِيْدُ أَنْ أُنْكِحَكَ إِحْدَى ابْنَتَىَّ هٰتَيْنِ
عَلٰٓى أَنْ تَأْجُرَنِىْ ثَمٰنِىَ حِجَجٍ ۚ فَإِنْ أَتْمَمْتَ عَشْرًا
فَمِنْ عِنْدِكَ ۚ وَمَآ أُرِيْدُ أَنْ أَشُقَّ عَلَيْكَ ۭ
سَتَجِدُنِىْٓ إِنْ شَآءَ اللّٰهُ مِنَ الصّٰلِحِيْنَ ۝27

28 (ਮੂਸਾ ਨੇ) ਕਿਹਾ ਕਿ ਇਸ ਗੱਲ ਦੀ (ਸੰਧੀ) ਮੇਰੇ ਤੇ ਤੁਹਾਡੇ ਵਿਚਾਲੇ ਹੈ, ਮੈਂ ਇਹਨਾਂ ਦੋਵਾਂ ਮੁੱਦਤਾਂ ਵਿੱਚੋਂ ਜਿਹੜੀ ਵੀ ਚਾਹਵਾਂ ਪੂਰੀ ਕਰਾਂਗਾ, ਫੇਰ ਮੇਰੇ ਨਾਲ ਕੋਈ ਵਧੀਕੀ ਨਹੀਂ ਹੋਣੀ ਚਾਹੀਦੀ, ਅਸੀਂ ਜੋ ਸੰਧੀ ਕਰ ਰਹੇ ਹਾਂ ਅੱਲਾਹ ਉਸ ਦਾ ਨਿਗਰਾਨ ਹੈ।

قَالَ ذٰلِكَ بَيْنِىْ وَبَيْنَكَ ۭ أَيَّمَا الْأَجَلَيْنِ قَضَيْتُ
فَلَا عُدْوَانَ عَلَىَّ ۭ وَاللّٰهُ عَلٰى مَا نَقُوْلُ وَكِيْلٌ ۝28

29. ਜਦੋਂ ਮੂਸਾ ਨੇ ਉਹ ਮੁੱਦਤ ਪੂਰੀ ਕਰ ਲਈ ਅਤੇ ਆਪਣੀ ਪਤਨੀ ਨੂੰ ਲੈਕੇ ਟੁਰਿਆ ਤਾਂ ਤੂਰ ਪਹਾੜ ਵੱਲ ਉਸ ਨੇ ਇਕ ਅੱਗ ਵੇਖੀ, ਉਸ ਨੇ ਆਪਣੀ ਪਤਨੀ ਨੂੰ ਕਿਹਾ ਕਿ ਤੂੰ ਇੱਥੇ ਹੀ ਠਹਿਰ ਮੈਂਨੇ ਅੱਗ ਵੇਖੀ ਹੈ, ਹੋ ਸਕਦਾ ਹੈ ਕਿ ਮੈਂ ਉੱਥਿਓ ਕੋਈ ਖ਼ਬਰ ਲੈ ਆਵਾਂ ਜਾਂ ਅੱਗ ਦਾ ਅੰਗਿਆਰਾ ਹੀ ਲੈ ਆਵਾਂ ਤਾਂ ਜੋ ਤੁਸੀਂ ਸੇਕ ਸਕੋ।

فَلَمَّا قَضَىٰ مُوسَى الْأَجَلَ وَسَارَ بِأَهْلِهِ آنَسَ مِن جَانِبِ الطُّورِ نَارًا قَالَ لِأَهْلِهِ امْكُثُوا إِنِّي آنَسْتُ نَارًا لَّعَلِّي آتِيكُم مِّنْهَا بِخَبَرٍ أَوْ جَذْوَةٍ مِّنَ النَّارِ لَعَلَّكُمْ تَصْطَلُونَ ﴿٢٩﴾

30. ਜਦੋਂ ਉਹ (ਮੂਸਾ ਉਸ ਤੂਰ ਪਹਾੜ) ਕੋਲ ਪਹੁੰਚਿਆ ਤਾਂ ਉਸ ਨੂੰ ਬਰਕਤਾਂ ਵਾਲੀ ਧਰਤੀ ਦੇ ਸੱਜੇ ਕੰਢੇ ਇਕ ਰੁੱਖ 'ਚੋਂ ਆਵਾਜ਼ ਆਈ ਕਿ ਹੇ ਮੂਸਾ! ਮੈਂ ਹੀ ਅੱਲਾਹ ਹਾਂ, ਸਾਰੇ ਜਹਾਨਾਂ ਦਾ ਪਾਲਣਹਾਰ ਹਾਂ।

فَلَمَّا أَتَاهَا نُودِيَ مِن شَاطِئِ الْوَادِ الْأَيْمَنِ فِي الْبُقْعَةِ الْمُبَارَكَةِ مِنَ الشَّجَرَةِ أَن يَا مُوسَىٰ إِنِّي أَنَا اللَّهُ رَبُّ الْعَالَمِينَ ﴿٣٠﴾

31. (ਅਤੇ ਇਹ ਵੀ ਕਿਹਾ ਕਿ) ਤੂੰ ਆਪਣਾ ਅਸਾ (ਲਾਠੀ) ਸੁੱਟ ਦੇ, (ਸੁੱਟਣ ਮਗਰੋਂ) ਜਦੋਂ ਉਸ (ਲਾਠੀ) ਨੂੰ ਵੇਖਿਆ ਤਾਂ ਉਹ ਸੱਪ ਵਾਂਗ ਵੱਲ ਖਾ ਰਹੀ ਸੀ ਤਾਂ ਉਹ (ਮੂਸਾ) ਪਿੱਠ ਮੋੜ ਕੇ ਨੱਸਿਆ ਤੇ ਪਿੱਛੇ ਮੁੜ ਕੇ ਵੀ ਨਹੀਂ ਵੇਖਿਆ। ਅਸੀਂ ਕਿਹਾ ਕਿ ਹੇ ਮੂਸਾ! ਅੱਗੇ ਆ ਤੇ ਨਾ ਡਰ, ਬੇਸ਼ੱਕ ਤੂੰ ਹਰ ਤਰ੍ਹਾਂ ਨਾਲ ਸੁਰੱਖਿਅਤ ਹੈਂ।

وَأَنْ أَلْقِ عَصَاكَ ۖ فَلَمَّا رَآهَا تَهْتَزُّ كَأَنَّهَا جَانٌّ وَلَّىٰ مُدْبِرًا وَلَمْ يُعَقِّبْ ۚ يَا مُوسَىٰ أَقْبِلْ وَلَا تَخَفْ ۖ إِنَّكَ مِنَ الْآمِنِينَ ﴿٣١﴾

32. (ਅਤੇ ਕਿਹਾ ਕਿ) ਆਪਣੇ ਹੱਥ ਨੂੰ ਆਪਣੇ ਗਲਾਵੇਂ ਵਿਚ ਪਾ, ਉਹ ਬਿਨਾਂ ਕਿਸੇ ਐਬ ਤੋਂ ਚਮਕਦਾ ਹੋਇਆ ਨਿਕਲੇਗਾ। ਅਤੇ ਡਰ ਭੈਅ ਤੋਂ ਬਚਣ ਲਈ ਆਪਣੀਆਂ ਬਾਹਾਂ ਨੂੰ ਮੀਚ ਲੈ। ਇਹ ਦੋਵੇਂ ਮੁਅਜਜ਼ੇ (ਬੇਵਸ ਕਰਨ ਵਾਲੇ ਰੱਬੀ ਚਮਤਕਾਰ) ਤੇਰੇ ਰੱਬ ਵੱਲੋਂ ਫ਼ਿਰਔਨ ਅਤੇ ਉਸ ਦੇ ਦਰਬਾਰੀਆਂ ਵੱਲ ਭੇਜੇ ਗਏ ਹਨ। ਬੇਸ਼ੱਕ ਉਹ ਸਾਰੇ ਹੀ ਨਾ-ਫ਼ਰਮਾਨ ਲੋਕ ਹਨ।

اسْلُكْ يَدَكَ فِي جَيْبِكَ تَخْرُجْ بَيْضَاءَ مِنْ غَيْرِ سُوءٍ وَاضْمُمْ إِلَيْكَ جَنَاحَكَ مِنَ الرَّهْبِ ۖ فَذَانِكَ بُرْهَانَانِ مِن رَّبِّكَ إِلَىٰ فِرْعَوْنَ وَمَلَئِهِ ۚ إِنَّهُمْ كَانُوا قَوْمًا فَاسِقِينَ ﴿٣٢﴾

33. ਮੂਸਾ ਨੇ ਕਿਹਾ ਕਿ ਹੇ ਮੇਰੇ ਮਾਲਿਕ। ਮੈਂ ਤਾਂ ਉਹਨਾਂ ਦਾ ਇਕ ਆਦਮੀ ਕਤਲ ਕਰ ਚੁੱਕਿਆ ਹਾਂ, ਸੋ ਮੈਨੂੰ ਡਰ ਹੈ ਕਿ ਉਹ ਮੈਨੂੰ ਮਾਰ ਦੇਣਗੇ।

قَالَ رَبِّ إِنِّي قَتَلْتُ مِنْهُمْ نَفْسًا فَأَخَافُ أَنْ يَقْتُلُونِ (33)

34. ਮੇਰਾ ਭਰਾ ਹਾਰੂਨ ਮੈਥੋਂ ਵਧੀਆ ਬੁਲਾਰਾ ਹੈ, ਤੂੰ ਉਸ ਨੂੰ ਮੇਰਾ ਸਹਾਈ ਬਣਾ ਕੇ ਮੇਰੇ ਨਾਲ ਭੇਜ ਦੇ ਤਾਂ ਜੋ ਉਹ ਮੈਨੂੰ ਸੱਚਾ ਸਮਝਣ, ਮੈਨੂੰ ਤਾਂ ਡਰ ਹੈ ਕਿ ਉਹ ਸਾਰੇ (ਫ਼ਿਰਔਨ ਤੇ ਉਸ ਦੇ ਸਾਥੀ) ਮੈਨੂੰ ਝੁਠਲਾ ਦੇਣਗੇ।

وَأَخِي هَارُونُ هُوَ أَفْصَحُ مِنِّي لِسَانًا فَأَرْسِلْهُ مَعِيَ رِدْءًا يُصَدِّقُنِي ۖ إِنِّي أَخَافُ أَنْ يُكَذِّبُونِ (34)

35. ਅੱਲਾਹ ਨੇ ਕਿਹਾ ਕਿ ਅਸੀਂ ਤੇਰੇ ਭਰਾ (ਹਾਰੂਨ) ਰਾਹੀਂ ਤੇਰੇ ਹੱਥ ਮਜ਼ਬੂਤ ਕਰ ਦੇਵਾਂਗੇ ਅਤੇ ਤੁਹਾਨੂੰ ਅਜਿਹਾ ਪ੍ਰਤਾਪ ਬਖ਼ਸ਼ਾਂਗੇ ਕਿ ਉਹ (ਫ਼ਿਰਔਨੀ) ਤੁਹਾਡੇ ਤਕ ਪਹੁੰਚ ਵੀ ਨਹੀਂ ਸਕਣਗੇ। ਸਾਡੀਆਂ ਨਿਸ਼ਾਨੀਆਂ (ਮੁਅਜਜ਼ੇ) ਲੈ ਕੇ ਫ਼ਿਰਔਨ ਦੇ ਦਰਬਾਰ ਵਿਚ ਜਾਓ। ਤੁਸੀਂ ਦੋਵੇਂ ਅਤੇ ਤੁਹਾਡੇ ਪੈਰੋਕਾਰ ਹੀ ਭਾਰੂ ਰਹਿਣਗੇ।

قَالَ سَنَشُدُّ عَضُدَكَ بِأَخِيكَ وَنَجْعَلُ لَكُمَا سُلْطَانًا فَلَا يَصِلُونَ إِلَيْكُمَا ۚ بِآيَاتِنَا أَنْتُمَا وَمَنِ اتَّبَعَكُمَا الْغَالِبُونَ (35)

36. ਜਦੋਂ ਮੂਸਾ ਉਹਨਾਂ (ਫ਼ਿਰਔਨੀਆਂ) ਦੇ ਕੋਲ ਸਾਡੇ ਵੱਲੋਂ ਦਿੱਤੇ ਹੋਏ ਸਪਸ਼ਟ ਮੁਅਜਜ਼ੇ (ਰੱਬੀ ਚਮਤਕਾਰ) ਲੈਕੇ ਪਹੁੰਚਿਆ ਤਾਂ ਉਹ (ਫ਼ਿਰਔਨੀ) ਕਹਿਣ ਲੱਗੇ ਕਿ ਇਹ ਤਾਂ ਘੜ੍ਹਿਆ ਘੜ੍ਹਾਇਆ ਜਾਦੂ ਹੈ। ਅਸੀਂ ਤਾਂ ਆਪਣੇ ਪਿਓ ਦਾਦਿਆਂ ਤੋਂ ਇਹ ਗੱਲਾਂ (ਕਿ ਅੱਲਾਹ ਹੀ ਇੱਕੋ-ਇਕ ਇਸ਼ਟ ਹੈ) ਕਦੇ ਨਹੀਂ ਸੁਣੀਆਂ।

فَلَمَّا جَاءَهُمْ مُوسَىٰ بِآيَاتِنَا بَيِّنَاتٍ قَالُوا مَا هَٰذَا إِلَّا سِحْرٌ مُفْتَرًى وَمَا سَمِعْنَا بِهَٰذَا فِي آبَائِنَا الْأَوَّلِينَ (36)

37. ਅਤੇ ਮੂਸਾ ਨੇ (ਜਵਾਬ ਦਿੱਤਾ) ਕਿਹਾ, ਮੇਰਾ ਰੱਬ ਉਸ ਨੂੰ ਚੰਗੀ ਤਰ੍ਹਾਂ ਜਾਣਦਾ ਹੈ, ਜਿਹੜਾ ਉਸ ਵੱਲੋਂ ਹਿਦਾਇਤ ਲੈਕੇ ਆਉਂਦਾ ਹੈ ਅਤੇ (ਉਸ ਨੂੰ ਵੀ) ਜਿਸ ਦਾ ਅੰਤ ਚੰਗਾ ਹੋਵੇਗਾ। ਸੱਚੀ ਗੱਲ ਤਾਂ ਇਹ ਹੈ ਕਿ ਜ਼ਾਲਿਮ ਕਦੇ ਸਫ਼ਲਤਾ ਨਹੀਂ ਪਾਉਂਦੇ।

وَقَالَ مُوسَىٰ رَبِّي أَعْلَمُ بِمَنْ جَاءَ بِالْهُدَىٰ مِنْ عِنْدِهِ وَمَنْ تَكُونُ لَهُ عَاقِبَةُ الدَّارِ ۖ إِنَّهُ لَا يُفْلِحُ الظَّالِمُونَ (37)

وَقَالَ فِرْعَوْنُ يَٰٓأَيُّهَا ٱلْمَلَأُ مَا عَلِمْتُ لَكُم مِّنْ إِلَٰهٍ غَيْرِى فَأَوْقِدْ لِى يَٰهَٰمَٰنُ عَلَى ٱلطِّينِ فَٱجْعَل لِّى صَرْحًا لَّعَلِّىٓ أَطَّلِعُ إِلَىٰٓ إِلَٰهِ مُوسَىٰ وَإِنِّى لَأَظُنُّهُۥ مِنَ ٱلْكَٰذِبِينَ ﴿38﴾

38. ਫ਼ਿਰਔਨ ਨੇ ਕਿਹਾ ਕਿ ਹੇ ਦਰਬਾਰੀਓ! ਮੈਂ ਤਾਂ ਤੁਹਾਡੇ ਲਈ ਛੁੱਟ ਆਪਣੇ ਆਪ ਤੋਂ ਹੋਰ ਕਿਸੇ ਇਸ਼ਟ ਨੂੰ ਨਹੀਂ ਜਾਣਦਾ। ਹੇ ਹਾਮਾਨ! ਤੂੰ ਗਾਰੇ ਦੀਆਂ ਇੱਟਾਂ ਨੂੰ ਪਕਵਾ ਕੇ ਮੇਰੇ ਲਈ ਇਕ ਉੱਚਾ ਮਹਿਲ ਤਾਂ ਬਣਵਾ ਤਾਂ ਜੋ (ਇਸ 'ਤੇ ਚੜ੍ਹ ਕੇ) ਮੂਸਾ ਦੇ ਇਸ਼ਟ ਨੂੰ ਵੇਖ ਸਕਾਂ, ਮੈਂ ਤਾਂ ਇਸ ਗੱਲ ਨੂੰ (ਕਿ ਰੱਬ ਅਕਾਸ਼ 'ਤੇ ਹੈ) ਝੂਠ ਸਮਝਦਾ ਹਾਂ।

وَٱسْتَكْبَرَ هُوَ وَجُنُودُهُۥ فِى ٱلْأَرْضِ بِغَيْرِ ٱلْحَقِّ وَظَنُّوٓا۟ أَنَّهُمْ إِلَيْنَا لَا يُرْجَعُونَ ﴿39﴾

39. ਇਸ (ਫ਼ਿਰਔਨ) ਨੇ ਅਤੇ ਇਸ ਦੀਆਂ ਫ਼ੌਜਾਂ ਨੇ (ਮਿਸਰ ਦੀ) ਧਰਤੀ 'ਤੇ ਨਾ-ਹੱਕਾ ਤਕੱਬਰ (ਘਮੰਡ) ਕੀਤਾ ਅਤੇ ਸਮਝਦੇ ਸੀ ਕਿ ਉਹਨਾਂ ਨੂੰ ਸਾਡੇ ਵੱਲ ਪਰਤਾਇਆ ਨਹੀਂ ਜਾਵੇਗਾ।

فَأَخَذْنَٰهُ وَجُنُودَهُۥ فَنَبَذْنَٰهُمْ فِى ٱلْيَمِّ فَٱنظُرْ كَيْفَ كَانَ عَٰقِبَةُ ٱلظَّٰلِمِينَ ﴿40﴾

40. ਅੰਤ ਅਸੀਂ ਉਸ (ਫ਼ਿਰਔਨ) ਨੂੰ ਅਤੇ ਉਸ ਦੀਆਂ ਫ਼ੌਜਾਂ ਨੂੰ ਫੜ੍ਹਿਆ ਅਤੇ ਦਰਿਆ ਵਿਚ ਸੁੱਟ ਦਿੱਤਾ ਹੁਣ ਵੇਖੋ ਉਹਨਾਂ ਪਾਪੀਆਂ ਦਾ ਅੰਤ ਕਿਹੋ ਜਿਹਾ ਹੋਇਆ ਸੀ।

وَجَعَلْنَٰهُمْ أَئِمَّةً يَدْعُونَ إِلَى ٱلنَّارِ وَيَوْمَ ٱلْقِيَٰمَةِ لَا يُنصَرُونَ ﴿41﴾

41 ਅਤੇ ਅਸੀਂ ਉਹਨਾਂ ਨੂੰ ਨਰਕ ਵੱਲ ਸੱਦਾ ਦੇਣ ਵਾਲੇ ਆਗੂ ਬਣਾ ਦਿੱਤਾ ਅਤੇ ਕਿਆਮਤ ਵਾਲੇ ਦਿਨ ਉਹਨਾਂ ਦੀ ਕੁੱਝ ਵੀ ਸਹਾਇਤਾ ਨਹੀਂ ਕੀਤੀ ਜਾਵੇਗੀ।

وَأَتْبَعْنَٰهُمْ فِى هَٰذِهِ ٱلدُّنْيَا لَعْنَةً وَيَوْمَ ٱلْقِيَٰمَةِ هُم مِّنَ ٱلْمَقْبُوحِينَ ﴿42﴾

42 ਅਸੀਂ ਇਸ ਸੰਸਾਰ ਵਿਚ ਵੀ ਉਹਨਾਂ (ਕਾਫ਼ਿਰਾਂ) ਦੇ ਪਿੱਛੇ ਫਿਟਕਾਰ ਲਾ ਦਿੱਤੀ ਅਤੇ ਕਿਆਮਤ ਦਿਹਾੜੇ ਵੀ ਉਹ ਭੈੜੇ ਹਾਲਾਂ ਵਿਚ ਹੋਣਗੇ।

وَلَقَدْ ءَاتَيْنَا مُوسَى ٱلْكِتَٰبَ مِنۢ بَعْدِ مَآ أَهْلَكْنَا ٱلْقُرُونَ ٱلْأُولَىٰ بَصَآئِرَ لِلنَّاسِ وَهُدًى وَرَحْمَةً لَّعَلَّهُمْ يَتَذَكَّرُونَ ﴿43﴾

43. ਪਹਿਲੀਆਂ ਉੱਮਤਾਂ (ਨਸਲਾਂ) ਨੂੰ ਹਲਾਕ ਕਰਨ ਮਗਰੋਂ ਅਸੀਂ (ਰੱਬ ਨੇ) ਮੂਸਾ ਨੂੰ ਅਜਿਹੀ ਕਿਤਾਬ (ਤੌਰੈਤ) ਬਖ਼ਸ਼ੀ ਜਿਹੜੀ ਲੋਕਾਂ ਲਈ ਦਾਨਾਈ, ਹਿਦਾਇਤ ਅਤੇ ਰਹਿਮਤ ਬਣ ਕੇ ਆਈ ਸੀ,

ਸ਼ਾਇਦ ਕਿ ਉਹ (ਇਸ ਤੋਂ) ਨਸੀਹਤ ਗ੍ਰਹਿਣ ਕਰ ਸਕਣ।

44. (ਹੇ ਮੁਹੰਮਦ!) ਜਦੋਂ ਅਸੀਂ ਮੂਸਾ ਨੂੰ ਵਿਸ਼ੇਸ਼ ਹੁਕਮ (ਸ਼ਰੀਅਤ) ਲਈ ਵਹੀ ਘੱਲੀ ਸੀ ਤਾਂ (ਉਸ ਸਮੇਂ) ਤੁਸੀਂ (ਤੂਰ ਦੇ) ਪੱਛਮ ਵੱਲ ਨਹੀਂ ਸੀ ਅਤੇ ਨਾ ਹੀ ਤੁਸੀਂ ਇਸ (ਘਟਨਾ) ਦੇ ਗਵਾਹ ਹੋ।

وَمَا كُنتَ بِجَانِبِ الْغَرْبِيِّ إِذْ قَضَيْنَا إِلَىٰ
مُوسَى الْأَمْرَ وَمَا كُنتَ مِنَ الشَّاهِدِينَ 44

45. ਪਰ ਇਸ ਤੋਂ ਪਿੱਛੋਂ ਅਸੀਂ ਕਈਆਂ ਨਸਲਾਂ ਨੂੰ ਪੈਦਾ ਕੀਤਾ ਅਤੇ ਉਹਨਾਂ 'ਤੇ ਇਕ ਲੰਮਾ ਸਮਾਂ ਬੀਤ ਚੁੱਕਾ ਹੈ। ਤੁਸੀਂ (ਮੁਹੰਮਦ ਸ.) ਮਦਯਨ ਦੇ ਰਹਿਣ ਵਾਲੇ ਨਹੀਂ ਸੀ ਕਿ ਉਹਨਾਂ ਦੇ ਸਾਹਮਣੇ ਸਾਡੀਆਂ ਆਇਤਾਂ (ਕੁਰਆਨ) ਨੂੰ ਪੜ੍ਹਦੇ, ਅਸਲੀਅਤ ਇਹ ਹੈ ਕਿ ਸਾਰੇ ਰਸੂਲਾਂ ਨੂੰ ਭੇਜਣ ਵਾਲੇ ਅਸੀਂ ਹੀ ਹਾਂ।

وَلَٰكِنَّا أَنشَأْنَا قُرُونًا فَتَطَاوَلَ عَلَيْهِمُ الْعُمُرُ
وَمَا كُنتَ ثَاوِيًا فِي أَهْلِ مَدْيَنَ تَتْلُو عَلَيْهِمْ
آيَاتِنَا وَلَٰكِنَّا كُنَّا مُرْسِلِينَ 45

46. ਅਤੇ ਤੁਸੀਂ ਤੂਰ (ਪਹਾੜ) ਕੋਲ ਨਹੀਂ ਸੀ ਜਦੋਂ ਅਸੀਂ (ਮੂਸਾ ਨੂੰ) ਅਵਾਜ਼ ਦੇ ਕੇ ਬੁਲਾਇਆ ਸੀ। ਪਰ ਇਹ ਵਹੀ (ਰੱਬੀ ਬਾਣੀ) ਤੇਰੇ ਰੱਬ ਵੱਲੋਂ ਇਕ ਰਹਿਮਤ ਹੈ। ਤਾਂ ਜੋ ਤੁਸੀਂ ਉਹਨਾਂ ਲੋਕਾਂ ਨੂੰ (ਨਰਕ ਤੋਂ) ਸਾਵਧਾਨ ਕਰੋ ਜਿਨ੍ਹਾਂ ਕੋਲ ਤੁਹਾਥੋਂ ਪਹਿਲਾਂ ਕੋਈ ਡਰਾਉਣ ਵਾਲਾ ਨਹੀਂ ਆਇਆ। ਸ਼ਾਇਦ ਕਿ ਉਹ ਨਸੀਹਤ ਗ੍ਰਹਿਣ ਕਰ ਲੈਣ।

وَمَا كُنتَ بِجَانِبِ الطُّورِ إِذْ نَادَيْنَا وَلَٰكِن رَّحْمَةً
مِّن رَّبِّكَ لِتُنذِرَ قَوْمًا مَّا أَتَاهُم مِّن نَّذِيرٍ مِّن
قَبْلِكَ لَعَلَّهُمْ يَتَذَكَّرُونَ 46

47. ਜੇ ਇਹ ਗੱਲ ਨਾ ਹੁੰਦੀ ਕਿ ਲੋਕਾਂ ਦੀਆਂ ਆਪਣੀਆਂ ਕਰਤੂਤਾਂ ਕਾਰਨ ਉਹਨਾਂ ਉੱਤੇ ਕੋਈ ਮੁਸੀਬਤ ਆ ਜਾਂਦੀ ਤਾਂ ਉਹ ਇਹੋ ਆਖਦੇ ਕਿ ਹੇ ਸਾਡੇ ਰੱਬਾ! ਤੂੰ ਸਾਡੇ ਵੱਲ ਕੋਈ ਪੈਗ਼ੰਬਰ ਕਿਉਂ ਨਹੀਂ ਭੇਜਿਆ ਤਾਂ ਜੋ ਅਸੀਂ ਤੇਰੀਆਂ ਆਇਤਾਂ (ਹੁਕਮ) ਦੀ ਪਾਲਣਾ ਕਰਦੇ ਅਤੇ ਈਮਾਨ ਵਾਲਿਆਂ ਵਿੱਚੋਂ ਹੋ ਜਾਂਦੇ (ਤਾਂ ਅਸੀਂ ਰਸੂਲ ਨਾ ਭੇਜਦੇ)।

وَلَوْلَا أَن تُصِيبَهُم مُّصِيبَةٌ بِمَا قَدَّمَتْ أَيْدِيهِمْ
فَيَقُولُوا رَبَّنَا لَوْلَا أَرْسَلْتَ إِلَيْنَا رَسُولًا فَنَتَّبِعَ
آيَاتِكَ وَنَكُونَ مِنَ الْمُؤْمِنِينَ 47

48 ਫੇਰ ਜਦੋਂ ਸਾਡੇ ਵੱਲੋਂ ਉਹਨਾਂ (ਮੱਕੇ ਵਾਲਿਆਂ) ਕੋਲ ਹੱਕ (ਕੁਰਆਨ) ਆ ਗਿਆ ਤਾਂ ਕਹਿਣ ਲੱਗੇ ਕਿ ਉਹੀਓ ਚਮਤਕਾਰ ਤੁਹਾਨੂੰ ਕਿਉਂ ਨਹੀਂ ਦਿੱਤੇ ਗਏ ਜਿਵੇਂ ਮੂਸਾ ਨੂੰ ਦਿੱਤੇ ਗਏ ਸੀ? (ਰੱਬ ਪੁੱਛਦਾ ਹੈ ਕਿ ਇਹ ਦੱਸੋ) ਕੀ ਉਹਨਾਂ ਲੋਕਾਂ ਨੇ ਉਹਨਾਂ (ਚਮਤਕਾਰਾਂ) ਨੂੰ ਮੰਨਣ ਤੋਂ ਇਨਕਾਰ ਨਹੀਂ ਸੀ ਕੀਤਾ ਜਿਹੜੇ ਇਸ ਤੋਂ ਪਹਿਲਾਂ ਮੂਸਾ ਨੂੰ ਦਿੱਤੇ ਗਏ ਸਨ? ਕਹਿੰਦੇ ਹਨ ਕਿ ਦੋਵੇਂ (ਤੌਰੈਤ ਤੇ ਕੁਰਆਨ) ਜਾਦੂ ਹਨ, ਜੋ ਇਕ ਦੂਜੇ ਦੀ ਮਦਦ ਕਰਦੇ ਹਨ। ਅਸੀਂ ਕਿਸੇ ਨੂੰ ਵੀ ਨਹੀਂ ਮੰਨਦੇ।

فَلَمَّا جَآءَهُمُ الْحَقُّ مِنْ عِنْدِنَا قَالُوْا لَوْلَآ اُوْتِيَ مِثْلَ مَآ اُوْتِيَ مُوْسٰى ۭ اَوَلَمْ يَكْفُرُوْا بِمَآ اُوْتِيَ مُوْسٰى مِنْ قَبْلُ ۚ قَالُوْا سِحْرٰنِ تَظٰهَرَا ۣ وَقَالُوْٓا اِنَّا بِكُلٍّ كٰفِرُوْنَ ﴿48﴾

49. (ਹੇ ਮੁਹੰਮਦ ਸ:!) ਉਹਨਾਂ ਨੂੰ ਕਹਿ ਦਿਓ। ਜੇ ਤੁਸੀਂ (ਆਪਣੀਆਂ ਦਲੀਲਾਂ ਵਿਚ) ਸੱਚੇ ਹੋ ਤਾਂ ਤੁਸੀਂ ਵੀ ਅੱਲਾਹ ਕੋਲੋਂ ਕੋਈ ਅਜਿਹੀ ਕਿਤਾਬ ਲੈ ਆਓ ਜਿਹੜੀ ਉਹਨਾਂ ਦੋਵਾਂ (ਕੁਰਆਨ ਤੇ ਤੌਰੈਤ) ਤੋਂ ਵੱਧ ਕੇ ਹਿਦਾਇਤ ਵਾਲੀ ਹੋਵੇ, ਮੈਂ ਉਸੇ ਦੀ ਪੈਰਵੀ ਕਰਾਂਗਾ।

قُلْ فَاْتُوْا بِكِتٰبٍ مِّنْ عِنْدِ اللّٰهِ هُوَ اَهْدٰى مِنْهُمَآ اَتَّبِعْهُ اِنْ كُنْتُمْ صٰدِقِيْنَ ﴿49﴾

50. ਜੇ ਫੇਰ ਵੀ ਇਹ (ਮੱਕੇ ਵਾਲੇ) ਤੁਹਾਡੀਆਂ ਗੱਲਾਂ ਨੂੰ ਨਹੀਂ ਮੰਨਦੇ ਤਾਂ ਤੁਸੀਂ ਸਮਝ ਲਓ ਕਿ ਇਹ ਤਾਂ ਕੇਵਲ ਆਪਣੀਆਂ ਇੱਛਾਵਾਂ ਦੀ ਹੀ ਪੈਰਵੀ ਕਰ ਰਹੇ ਹਨ। ਇਸ ਤੋਂ ਵੱਧ ਕੇ ਜ਼ਾਲਿਮ ਕੌਣ ਹੋਵੇਗਾ ਜਿਹੜਾ ਬਿਨਾਂ ਰੱਬੀ ਹਿਦਾਇਤ ਤੋਂ ਆਪਣੀਆਂ ਇੱਛਾਵਾਂ ਦੇ ਪਿੱਛੇ ਹੀ ਲੱਗਿਆ ਰਹੇ? ਬੇਸ਼ੱਕ ਅੱਲਾਹ ਜ਼ਾਲਮ ਲੋਕਾਂ ਨੂੰ ਹਿਦਾਇਤ ਨਹੀਂ ਦਿੰਦਾ।

فَاِنْ لَّمْ يَسْتَجِيْبُوْا لَكَ فَاعْلَمْ اَنَّمَا يَتَّبِعُوْنَ اَهْوَآءَهُمْ ۭ وَمَنْ اَضَلُّ مِمَّنِ اتَّبَعَ هَوٰىهُ بِغَيْرِ هُدًى مِّنَ اللّٰهِ ۭ اِنَّ اللّٰهَ لَا يَهْدِي الْقَوْمَ الظّٰلِمِيْنَ ﴿50﴾

51. ਨਿਰਸੰਦੇਹ, ਅਸੀਂ ਲੋਕਾਂ ਦੀ ਹਿਦਾਇਤ ਲਈ ਲੜੀ ਵਾਰ ਆਪਣੀਆਂ ਗੱਲਾਂ (ਭਾਵ ਕੁਰਆਨ) ਨਾਜ਼ਿਲ ਕਰਦੇ ਰਹੇ ਹਾਂ ਤਾਂ ਜੋ ਉਹ ਨਸੀਹਤ ਹਾਸਲ

وَلَقَدْ وَصَّلْنَا لَهُمُ الْقَوْلَ لَعَلَّهُمْ يَتَذَكَّرُوْنَ ﴿51﴾

[illegible]

الَّذِينَ آتَيْنَاهُمُ الْكِتَابَ مِن قَبْلِهِ هُم بِهِ
يُؤْمِنُونَ ﴿52﴾

52 ਜਿਹਨਾਂ ਲੋਕਾਂ ਨੂੰ ਅਸੀਂ ਇਸ (ਕੁਰਆਨ) ਤੋਂ ਪਹਿਲਾਂ ਕਿਤਾਬ ਦਿੱਤੀ ਸੀ ਉਹ ਇਸ (ਕੁਰਆਨ) 'ਤੇ ਵੀ ਈਮਾਨ ਰੱਖਦੇ ਹਨ।

وَإِذَا يُتْلَىٰ عَلَيْهِمْ قَالُوا آمَنَّا بِهِ إِنَّهُ الْحَقُّ
مِن رَّبِّنَا إِنَّا كُنَّا مِن قَبْلِهِ مُسْلِمِينَ ﴿53﴾

53. ਜਦੋਂ ਇਸ (ਕੁਰਆਨ) ਨੂੰ ਉਹਨਾਂ ਸਾਹਮਣੇ ਪੜ੍ਹਿਆ ਜਾਂਦਾ ਹੈ ਤਾਂ ਉਹ ਕਹਿੰਦੇ ਹਨ ਕਿ ਅਸੀਂ ਇਸ 'ਤੇ ਈਮਾਨ ਲਿਆਏ ਹਾਂ, ਬੇਸ਼ੱਕ ਇਹ ਸਾਡੇ ਰੱਬ ਵੱਲੋਂ ਹੱਕ ਹੈ, ਅਸੀਂ ਤਾਂ ਇਸ ਤੋਂ ਪਹਿਲਾਂ ਹੀ ਮੁਸਲਮਾਨ ਸਾਂ[1] (ਕਿਉਂ ਜੋ ਅਸੀਂ ਪਹਿਲੀਆਂ ਆਸਮਾਨੀ ਕਿਤਾਬਾਂ ਨੂੰ ਸੱਚ ਮੰਨਦੇ ਹਾਂ)।

أُولَٰئِكَ يُؤْتَوْنَ أَجْرَهُم مَّرَّتَيْنِ بِمَا صَبَرُوا
وَيَدْرَءُونَ بِالْحَسَنَةِ السَّيِّئَةَ وَمِمَّا
رَزَقْنَاهُمْ يُنفِقُونَ ﴿54﴾

54 ਉਹਨਾਂ ਲੋਕਾਂ ਨੂੰ ਉਹਨਾਂ ਦੇ (ਈਮਾਨ ਲਿਆਉਣ ਦਾ) ਦੂਹਰਾ ਬਦਲਾ ਦਿੱਤਾ ਜਾਵੇਗਾ, ਕਿਉਂ ਜੋ ਉਹਨਾਂ ਨੇ (ਅੱਲਾਹ ਦੀ ਰਾਹ ਵਿਚ) ਸਬਰ ਤੋਂ ਕੰਮ ਲਿਆ[2] ਅਤੇ ਬੁਰਾਈ ਨੂੰ ਭਲਾਈ ਨਾਲ ਪਰਾਂ ਕਰਦੇ ਹਨ ਅਤੇ ਜੋ ਕੁੱਝ ਵੀ ਅਸੀਂ ਉਹਨਾਂ ਨੂੰ (ਧੰਨ ਦੌਲਤ) ਦਿੱਤਾ ਹੋਇਆ ਹੈ ਉਸ ਵਿੱਚੋਂ (ਰੱਬੀ ਹੁਕਮਾਂ ਅਨੁਸਾਰ) ਖ਼ਰਚ ਕਰਦੇ ਹਨ।

وَإِذَا سَمِعُوا اللَّغْوَ أَعْرَضُوا عَنْهُ وَقَالُوا لَنَا
أَعْمَالُنَا وَلَكُمْ أَعْمَالُكُمْ سَلَامٌ عَلَيْكُمْ
لَا نَبْتَغِي الْجَاهِلِينَ ﴿55﴾

55 ਜਦੋਂ ਉਹ ਭੈੜੀਆਂ ਗੱਲਾਂ (ਮੁਸ਼ਰਿਕਾਂ, ਕਾਫ਼ਿਰਾਂ ਵੱਲੋਂ) ਸੁਣਦੇ ਹਨ ਤਾਂ ਉਸ ਤੋਂ ਮੂੰਹ ਮੋੜ ਲੈਂਦੇ ਹਨ ਅਤੇ ਆਖਦੇ ਹਨ ਕਿ ਸਾਡੇ ਕਰਮ ਸਾਡੇ ਲਈ ਅਤੇ ਤੁਹਾਡੇ ਕਰਮ ਤੁਹਾਡੇ ਲਈ ਹਨ। ਤੁਹਾਨੂੰ ਸਾਡਾ ਸਲਾਮ ਹੈ, ਅਸੀਂ ਜਾਹਲਾਂ ਨਾਲ ਉਲਝਣਾ ਨਹੀਂ ਚਾਹੁੰਦੇ।

---

1 ਵੇਖੋ ਸੂਰਤ ਅਲ-ਮਾਇਦਾ, ਹਾਸ਼ੀਆ ਆਇਤ 66/5

2 ਇਸ ਤੋਂ ਭਾਵ ਉਹ ਲੋਕ ਹਨ ਜਿਹੜੇ ਹਰ ਤਰ੍ਹਾਂ ਦੇ ਹਾਲਾਤ ਵਿਚ ਪੈਗ਼ੰਬਰਾਂ ਅਤੇ ਰੱਬੀ ਕਿਤਾਬਾਂ ਉੱਤੇ ਈਮਾਨ ਲਿਆਏ ਅਤੇ ਆਪਣੇ ਈਮਾਨ ਉੱਤੇ ਜੰਮੇ ਰਹੇ। ਉਹ ਪਹਿਲੇ ਨਬੀ ਉੱਤੇ ਈਮਾਨ ਲਿਆਏ ਉਸ ਮਗਰੋਂ ਦੂਜਾ ਨਬੀ ਆ ਗਿਆ ਤਾਂ ਉਸ ਤੇ ਈਮਾਨ ਲਿਆਏ ਉਹਨਾਂ ਉੱਤੇ ਦੋਹਰਾ ਅਜਰ ਹੈ। ਸਹੀ ਬੁਖ਼ਾਰੀ ਹਦੀਸ 5083 ਵਿਚ ਨਬੀ (ਸ:) ਨੇ ਫ਼ਰਮਾਇਆ ਹੈ ਕਿ ਜਿਹੜੇ ਵਿਅਕਤੀ ਆਪਣੇ ਪੈਗ਼ੰਬਰ ਉੱਤੇ ਈਮਾਨ ਲਿਆਇਆ ਤੇ ਫੇਰ ਮੇਰੇ ਉੱਤੇ ਈਮਾਨ ਲਿਆਇਆ ਉਸ ਨੂੰ ਦੂਹਰਾ ਸਵਾਬ ਮਿਲੇਗਾ।

56 ਹੇ ਨਬੀ! ਤੁਸੀਂ ਜਿਸ ਨੂੰ ਚਾਹੋ ਹਿਦਾਇਤ ਨਹੀਂ ਦੇ ਸਕਦੇ, ਸਗੋਂ ਜਿਸ ਨੂੰ ਅੱਲਾਹ ਚਾਹੁੰਦਾ ਹੈ ਉਸ ਨੂੰ ਹਿਦਾਇਤ ਦਿੰਦਾ ਹੈ। ਉਹ ਹਿਦਾਇਤ ਕਬੂਲ ਕਰਨ ਵਾਲਿਆਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

إِنَّكَ لَا تَهْدِي مَنْ أَحْبَبْتَ وَلَٰكِنَّ اللَّهَ يَهْدِي
مَن يَشَاءُ ۚ وَهُوَ أَعْلَمُ بِالْمُهْتَدِينَ 56

57. ਉਹ (ਮੱਕੇ ਦੇ ਮੁਸ਼ਰਿਕ) ਆਖਦੇ ਹਨ ਕਿ ਜੇ ਅਸੀਂ ਤੁਹਾਡੀ ਹਿਦਾਇਤ ਅਨੁਸਾਰ ਪੈਰਵੀ ਕਰਾਂਗੇ ਤਾਂ ਅਸੀਂ ਆਪਣੀ ਧਰਤੀ (ਮੱਕੇ) ਵਿੱਚੋਂ ਕੱਢ ਦਿੱਤੇ ਜਾਵਾਂਗੇ। (ਅੱਲਾਹ ਪੁੱਛਦਾ ਹੈ) ਕੀ ਅਸੀਂ ਉਹਨਾਂ ਨੂੰ ਅਮਨ ਸ਼ਾਂਤੀ ਵਾਲੀ ਥਾਂ 'ਹਰਮ' ਵਿਚ ਨਿਵਾਸ ਸਥਾਨ ਨਹੀਂ ਦਿੱਤਾ, ਜਿਸ ਵੱਲ ਹਰ ਤਰ੍ਹਾਂ ਦੇ ਫਲ ਰਿਜ਼ਕ ਵਜੋਂ ਸਾਡੇ ਵੱਲ ਲਿਆਏ ਜਾਂਦੇ ਹਨ,[1] ਪਰ (ਅਫ਼ਸੋਸ) ਉਹਨਾਂ ਵਿੱਚੋਂ ਵਧੇਰੇ (ਲੋਕ) ਕੁੱਝ ਵੀ ਨਹੀਂ ਜਾਣਦੇ।

وَقَالُوا إِن نَّتَّبِعِ الْهُدَىٰ مَعَكَ نُتَخَطَّفْ مِنْ
أَرْضِنَا ۚ أَوَلَمْ نُمَكِّن لَّهُمْ حَرَمًا آمِنًا يُجْبَىٰ
إِلَيْهِ ثَمَرَاتُ كُلِّ شَيْءٍ رِّزْقًا مِّن لَّدُنَّا
وَلَٰكِنَّ أَكْثَرَهُمْ لَا يَعْلَمُونَ 57

58. ਅਸੀਂ ਕਿੰਨੀਆਂ ਹੀ ਬਸਤੀਆਂ ਨੂੰ ਤਬਾਹ ਕਰ ਚੁੱਕੇ ਹਾਂ ਜਿਹੜੀਆਂ ਆਪਣੀ ਅਰਥ ਵਿਵਸਥਾ 'ਤੇ ਘਮੰਡ ਕਰਦੀਆਂ ਸਨ। ਇਹ ਹਨ ਉਹਨਾਂ ਦੇ (ਉੱਜੜੇ ਹੋਏ) ਘਰ ਜਿਹੜੇ ਉਹਨਾਂ ਮਗਰੋਂ ਬਹੁਤ ਹੀ ਘੱਟ ਆਬਾਦ ਹੋਏ ਹਨ (ਭਾਵ ਖੰਡਰ ਬਣ ਗਏ) ਅਖ਼ੀਰ ਅਸੀਂ ਹੀ ਉਹਨਾਂ ਸਭ ਦੇ ਵਾਰਸ ਹਾਂ।

وَكَمْ أَهْلَكْنَا مِن قَرْيَةٍ بَطِرَتْ مَعِيشَتَهَا ۖ فَتِلْكَ
مَسَاكِنُهُمْ لَمْ تُسْكَن مِّن بَعْدِهِمْ إِلَّا قَلِيلًا ۖ
وَكُنَّا نَحْنُ الْوَارِثِينَ 58

59. (ਹੇ ਮੁਹੰਮਦ !) ਤੇਰਾ ਰੱਬ ਕਿਸੇ ਵੀ ਬਸਤੀ ਨੂੰ ਉਦੋਂ ਤਕ ਹਲਾਕ ਨਹੀਂ ਕਰਦਾ ਜਦੋਂ ਤੀਕ ਉੱਥੇ ਦੀ ਕਿਸੇ ਵੱਡੀ ਬਸਤੀ ਵਿਚ ਆਪਣਾ ਕੋਈ ਪੈਗ਼ੰਬਰ ਨਹੀਂ ਭੇਜਦਾ, ਉਹ ਉਹਨਾਂ (ਬਸਤੀ ਵਾਲਿਆਂ) ਨੂੰ ਸਾਡੀਆਂ ਆਇਤਾਂ (ਹੁਕਮ) ਸੁਣਾਉਂਦਾ ਹੈ ਅਤੇ ਅਸੀਂ ਉਹਨਾਂ ਬਸਤੀਆਂ ਨੂੰ ਉਦੋਂ ਤਕ ਹਲਾਕ

وَمَا كَانَ رَبُّكَ مُهْلِكَ الْقُرَىٰ حَتَّىٰ يَبْعَثَ
فِي أُمِّهَا رَسُولًا يَتْلُو عَلَيْهِمْ آيَاتِنَا ۚ وَمَا كُنَّا
مُهْلِكِي الْقُرَىٰ إِلَّا وَأَهْلُهَا ظَالِمُونَ 59

---

[1] ਇਹ ਮੱਕੇ ਦੀ ਉਹ ਵਿਸ਼ੇਸ਼ਤਾ ਜਿਸ ਨੂੰ ਲੱਖਾਂ ਹਾਜੀ ਅਤੇ ਉਮਰਾ ਕਰਨ ਵਾਲੇ ਲੋਕ ਹਰ ਸਾਲ ਵੇਖਦੇ ਹਨ ਕਿ ਮੱਕੇ ਵਿਚ ਪੈਦਾਵਾਰ ਨਾ ਹੋਂਦੇ ਹੋਏ ਵੀ ਹਰ ਤਰ੍ਹਾਂ ਦਾ ਫਲ ਬੜੀ ਆਸਾਨੀ ਨਾਲ ਮਿਲ ਜਾਂਦਾ ਹੈ। ਵੇਖੋ ਸੂਰਤ ਅਨ-ਨਮਲ, ਹਾਸ਼ੀਆ ਆਇਤ 91/27, ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 191/2

ਨਹੀਂ ਕਰਦੇ ਜਦੋਂ ਤਕ ਉੱਥੇ ਦੇ ਵਸਨੀਕ ਜ਼ੁਲਮ ਕਰਨ ਨਹੀਂ ਲੱਗ ਜਾਂਦੇ।

60 ਅਤੇ ਤੁਹਾਨੂੰ ਜੋ ਵੀ ਦਿੱਤਾ ਹੋਇਆ ਹੈ ਉਹ ਤਾਂ ਕੇਵਲ ਸੰਸਾਰਿਕ ਜੀਵਨ ਦੀ ਸਮੱਗਰੀ ਹੈ ਅਤੇ ਉਸ ਦਾ ਸੁਹਪਣ ਹੈ, ਪਰ ਜੋ ਕੁੱਝ ਅੱਲਾਹ ਦੇ ਕੋਲ ਹੈ ਉਹ ਬਹੁਤ ਹੀ ਵਧੀਆ ਹੈ ਅਤੇ ਲੰਮੇ ਸਮੇਂ ਲਈ ਹੈ। ਕੀ ਤੁਸੀਂ ਅਕਲ ਨਹੀਂ ਰੱਖਦੇ?

وَمَآ أُوتِيتُم مِّن شَىْءٍ فَمَتَٰعُ ٱلْحَيَوٰةِ ٱلدُّنْيَا وَزِينَتُهَا ۚ وَمَا عِندَ ٱللَّهِ خَيْرٌ وَأَبْقَىٰٓ ۚ أَفَلَا تَعْقِلُونَ ٦٠

61 ਕੀ ਉਹ ਵਿਅਕਤੀ ਜਿਸ ਨਾਲ ਅਸੀਂ ਨੇਕ ਵਾਅਦਾ ਕੀਤਾ ਹੋਵੇ, ਜਿਸ ਨੂੰ ਉਹ ਪ੍ਰਾਪਤ ਕਰਨ ਵਾਲਾ ਹੈ, ਕਦੇ ਉਸ ਵਿਅਕਤੀ ਵਾਂਗ ਹੋ ਸਕਦਾ ਹੈ ਜਿਸ ਨੂੰ ਅਸੀਂ ਸੰਸਾਰਿਕ ਜੀਵਨ ਦੀ ਸਮੱਗਰੀ ਦੇ ਛੱਡੀ ਹੋਵੇ ਅਤੇ ਅੰਤ ਕਿਆਮਤ ਵਾਲੇ ਦਿਨ ਸਜ਼ਾ ਲਈ ਪੇਸ਼ ਹੋਣ ਵਾਲਿਆਂ ਵਿੱਚੋਂ ਹੋਵੇ।

أَفَمَن وَعَدْنَٰهُ وَعْدًا حَسَنًا فَهُوَ لَٰقِيهِ كَمَن مَّتَّعْنَٰهُ مَتَٰعَ ٱلْحَيَوٰةِ ٱلدُّنْيَا ثُمَّ هُوَ يَوْمَ ٱلْقِيَٰمَةِ مِنَ ٱلْمُحْضَرِينَ ٦١

62 ਅਤੇ ਜਿਸ ਦਿਨ ਅੱਲਾਹ ਉਹਨਾਂ ਨੂੰ ਆਵਾਜ਼ ਮਾਰੇਗਾ ਅਤੇ ਪੁੱਛੇਗਾ ਕਿ ਤੁਸੀਂ ਜਿਨ੍ਹਾਂ ਨੂੰ ਆਪਣੇ ਗੁਮਾਨਾਂ ਵਿਚ ਮੇਰਾ ਸ਼ਰੀਕ ਬਣਾਉਂਦੇ ਸੀ ਉਹ (ਅੱਜ) ਕਿੱਥੇ ਹਨ?

وَيَوْمَ يُنَادِيهِمْ فَيَقُولُ أَيْنَ شُرَكَآءِىَ ٱلَّذِينَ كُنتُمْ تَزْعُمُونَ ٦٢

63 ਉਹ ਲੋਕ ਜਿਨ੍ਹਾਂ ਲਈ (ਅਜ਼ਾਬ ਦਾ) ਹੁਕਮ ਹੋ ਚੁੱਕਿਆ ਹੋਵੇਗਾ, ਉਹ ਆਖਣਗੇ ਕਿ ਹੇ ਸਾਡੇ ਪਾਲਣਹਾਰ। ਇਹੋ ਉਹ ਲੋਕ ਹਨ, ਜਿਨ੍ਹਾਂ ਨੂੰ ਅਸੀਂ ਕੁਰਾਹੇ ਪਾਇਆ ਸੀ। ਅਸੀਂ ਇਹਨਾਂ ਨੂੰ ਇਸ ਤਰ੍ਹਾਂ ਕੁਰਾਹੇ ਪਾਇਆ, ਜਿਵੇਂ ਅਸੀਂ ਆਪ ਭਟਕੇ ਫਿਰਦੇ ਸੀ। ਅਸੀਂ ਤੇਰੇ ਹਜ਼ੂਰ ਐਲਾਨ ਕਰਦੇ ਹਾਂ ਕਿ ਉਹ ਸਾਡੀ ਬੰਦਗੀ ਨਹੀਂ ਸੀ ਕਰਦੇ।

قَالَ ٱلَّذِينَ حَقَّ عَلَيْهِمُ ٱلْقَوْلُ رَبَّنَا هَٰٓؤُلَآءِ ٱلَّذِينَ أَغْوَيْنَآ أَغْوَيْنَٰهُمْ كَمَا غَوَيْنَا ۖ تَبَرَّأْنَآ إِلَيْكَ ۖ مَا كَانُوٓا۟ إِيَّانَا يَعْبُدُونَ ٦٣

64 ਅਤੇ ਕਿਹਾ ਜਾਵੇਗਾ ਕਿ ਤੁਸੀਂ ਆਪਣੇ ਸ਼ਰੀਕਾਂ ਨੂੰ ਬੁਲਾਓ, ਉਹ (ਮੁਸ਼ਰਿਕ) ਉਹਨਾਂ ਨੂੰ ਬੁਲਾਉਣਗੇ ਪਰ ਉਹ (ਸ਼ਰੀਕ) ਉਹਨਾਂ ਨੂੰ ਕੋਈ ਉੱਤਰ ਨਹੀਂ

وَقِيلَ ٱدْعُوا۟ شُرَكَآءَكُمْ فَدَعَوْهُمْ فَلَمْ يَسْتَجِيبُوا۟ لَهُمْ وَرَأَوُا۟ ٱلْعَذَابَ ۚ لَوْ أَنَّهُمْ كَانُوا۟ يَهْتَدُونَ ٦٤

ਦੇਣਗੇ ਅਤੇ ਉਹ ਸਾਰੇ (ਮੁਸ਼ਰਿਕ ਤੇ ਸ਼ਰੀਕ) ਅਜ਼ਾਬ ਨੂੰ ਵੇਖਣਗੇ। ਕਿੰਨਾ ਚੰਗਾ ਹੁੰਦਾ ਜੇ ਇਹ (ਮੁਸ਼ਰਿਕ ਤੇ ਕਾਫ਼ਿਰ) ਸਿੱਧੇ ਰਾਹ ਤੁਰੇ ਹੁੰਦੇ।

وَيَوْمَ يُنَادِيهِمْ فَيَقُولُ مَاذَا أَجَبْتُمُ الْمُرْسَلِينَ ﴿65﴾

65. ਜਿਸ (ਕਿਆਮਤ ਵਾਲੇ) ਦਿਨ ਅੱਲਾਹ ਵੱਲੋਂ ਉਹਨਾਂ ਨੂੰ ਪੁੱਛਿਆ ਜਾਵੇਗਾ ਕਿ (ਜਦੋਂ ਰਸੂਲ ਤੁਹਾਨੂੰ ਰੱਬੀ ਪੈਗ਼ਾਮ ਸੁਣਾਉਂਦੇ ਸੀ ਤਾਂ) ਤੁਸੀਂ ਰਸੂਲਾਂ ਨੂੰ ਕੀ ਉੱਤਰ ਦਿੱਤਾ ਸੀ?

فَعَمِيَتْ عَلَيْهِمُ الْأَنبَاءُ يَوْمَئِذٍ فَهُمْ لَا يَتَسَاءَلُونَ ﴿66﴾

66. ਫੇਰ ਤਾਂ ਉਸ ਦਿਨ ਉਹਨਾਂ ਨੂੰ ਕਿਸੇ ਗੱਲ ਦੀ ਖ਼ਬਰ ਨਹੀਂ ਹੋਵੇਗੀ ਅਤੇ ਉਹ ਇਕ ਦੂਜੇ ਤੋਂ ਕੋਈ ਸਵਾਲ ਤਕ ਨਾ ਕਰ ਸਕਣ ਗੇ।

فَأَمَّا مَن تَابَ وَآمَنَ وَعَمِلَ صَالِحًا فَعَسَىٰ أَن يَكُونَ مِنَ الْمُفْلِحِينَ ﴿67﴾

67. ਹਾਂ ਜਿਹੜਾ ਵਿਅਕਤੀ (ਸੰਸਾਰ ਵਿਚ ਹੀ) ਤੌਬਾ ਕਰਕੇ ਈਮਾਨ ਲੈ ਆਵੇ ਅਤੇ ਨੇਕ ਕੰਮ ਕਰੇ ਉਹ ਆਸ ਕਰ ਸਕਦਾ ਹੈ ਕਿ ਉਹ ਸਫ਼ਲਤਾ ਪਾਉਣ ਵਾਲੇ ਲੋਕਾਂ ਵਿੱਚੋਂ ਹੋਵੇਗਾ।

وَرَبُّكَ يَخْلُقُ مَا يَشَاءُ وَيَخْتَارُ ۗ مَا كَانَ لَهُمُ الْخِيَرَةُ ۚ سُبْحَانَ اللَّهِ وَتَعَالَىٰ عَمَّا يُشْرِكُونَ ﴿68﴾

68. (ਹੇ ਨਬੀ!) ਤੁਹਾਡਾ ਰੱਬ ਜੋ ਚਾਹੁੰਦਾ ਹੈ ਪੈਦਾ ਕਰਦਾ ਹੈ ਅਤੇ ਜਿਸ ਨੂੰ ਚਾਹੁੰਦਾ ਹੈ (ਆਪਣੇ ਕਾਰਜ ਲਈ) ਪਸੰਦ ਕਰ ਲੈਂਦਾ ਹੈ। ਉਹਨਾਂ ਲੋਕਾਂ ਦੇ ਹੱਥ ਵਿਚ ਕੁੱਝ ਵੀ ਨਹੀਂ। ਪਵਿੱਤਰਤਾ ਸਾਰੀ ਦੀ ਸਾਰੀ ਅੱਲਾਹ ਲਈ ਹੈ, ਉਹ ਉਹਨਾਂ ਤੋਂ ਬਹੁਤ ਉੱਚੇਰਾ ਹੈ ਜਿਨ੍ਹਾਂ ਨੂੰ ਲੋਕੀ ਸ਼ਰੀਕ ਬਣਾਉਂਦੇ ਹਨ।

وَرَبُّكَ يَعْلَمُ مَا تُكِنُّ صُدُورُهُمْ وَمَا يُعْلِنُونَ ﴿69﴾

69. ਅਤੇ ਤੁਹਾਡਾ ਰੱਬ ਜਾਣਦਾ ਹੈ ਜੋ ਉਹਨਾਂ ਦੇ ਮਨਾਂ ਵਿਚ ਲੁਕਿਆ ਹੋਇਆ ਹੈ ਅਤੇ ਜੋ ਉਹ ਪ੍ਰਗਟ ਕਰ ਰਹੇ ਹਨ।

وَهُوَ اللَّهُ لَا إِلَٰهَ إِلَّا هُوَ ۖ لَهُ الْحَمْدُ فِي الْأُولَىٰ وَالْآخِرَةِ ۖ وَلَهُ الْحُكْمُ وَإِلَيْهِ تُرْجَعُونَ ﴿70﴾

70. ਉਹੀ ਅੱਲਾਹ ਹੈ ਉਸ ਤੋਂ ਛੁੱਟ ਹੋਰ ਕੋਈ ਬੰਦਗੀ ਦੇ ਯੋਗ ਨਹੀਂ। ਸੰਸਾਰ ਵਿਚ ਵੀ ਅਤੇ

ਆਖ਼ਿਰਤ ਵਿਚ ਵੀ ਸਾਰੀਆਂ ਤਾਰੀਫ਼ਾਂ ਉਸੇ ਲਈ ਹਨ, ਉਸੇ ਦਾ ਹੁਕਮ ਚਲਦਾ ਹੈ ਅਤੇ ਉਸੇ ਵੱਲ ਤੁਸੀਂ ਸਾਰੇ ਪਰਤਾਏ ਜਾਓਗੇ।

71. (ਹੇ ਨਬੀ!) ਉਹਨਾਂ ਤੋਂ ਪੁੱਛੋ ਕਿ ਜੇ ਅੱਲਾਹ ਤੁਹਾਡੇ 'ਤੇ ਕਿਆਮਤ ਤੀਕ ਲਈ ਰਾਤ ਹੀ ਪਾਈਂ ਰੱਖੇ ਤਾਂ ਅੱਲਾਹ ਤੋਂ ਛੁੱਟ ਹੋਰ ਕੌਣ ਇਸ਼ਟ ਹੈ, ਜਿਹੜਾ ਤੁਹਾਡੇ ਲਈ ਦਿਨ ਦੀ ਰੌਸ਼ਨੀ ਲੈ ਕੇ ਆਵੇ? ਕੀ ਤੁਸੀਂ ਸੁਣਦੇ ਨਹੀਂ?

قُلْ أَرَءَيْتُمْ إِن جَعَلَ ٱللَّهُ عَلَيْكُمُ ٱلَّيْلَ سَرْمَدًا
إِلَىٰ يَوْمِ ٱلْقِيَٰمَةِ مَنْ إِلَٰهٌ غَيْرُ ٱللَّهِ يَأْتِيكُم
بِضِيَآءٍ ۖ أَفَلَا تَسْمَعُونَ ﴿71﴾

72. ਉਹਨਾਂ ਨੂੰ ਪੁੱਛੋ ਕਿ ਜੇ ਅੱਲਾਹ ਤੁਹਾਡੇ 'ਤੇ ਕਿਆਮਤ ਤੀਕ ਸਦਾ ਲਈ ਦਿਨ ਹੀ ਰੱਖੀਂ ਰੱਖੇ (ਰਾਤ ਆਵੇ ਹੀ ਨਾ) ਤਾਂ ਅੱਲਾਹ ਤੋਂ ਛੁੱਟ ਕੋਈ ਇਸ਼ਟ ਅਜਿਹਾ ਹੈ ਜਿਹੜਾ ਤੁਹਾਡੇ ਲਈ ਰਾਤ ਲੈ ਆਵੇ ਕਿ ਤੁਸੀਂ ਆਰਾਮ ਕਰ ਸਕੋ? ਕੀ ਤੁਸੀਂ ਵੇਖਦੇ ਨਹੀਂ?

قُلْ أَرَءَيْتُمْ إِن جَعَلَ ٱللَّهُ عَلَيْكُمُ ٱلنَّهَارَ سَرْمَدًا
إِلَىٰ يَوْمِ ٱلْقِيَٰمَةِ مَنْ إِلَٰهٌ غَيْرُ ٱللَّهِ يَأْتِيكُم
بِلَيْلٍ تَسْكُنُونَ فِيهِ ۖ أَفَلَا تُبْصِرُونَ ﴿72﴾

73. ਉਸ ਨੇ ਆਪਣੀ ਰਹਿਮਤ ਸਦਕੇ ਤੁਹਾਡੇ ਲਈ ਰਾਤ ਤੇ ਦਿਨ ਬਣਾਏ, ਤਾਂ ਜੋ ਤੁਸੀਂ ਇਸ (ਰਾਤ) ਆਰਾਮ ਕਰ ਸਕੋ ਅਤੇ ਤਾਂ ਜੋ (ਦਿਨ ਵਿਚ) ਉਸ ਦਾ ਫ਼ਜ਼ਲ (ਰਿਜ਼ਕ) ਲੱਭ ਸਕੋ। (ਇਹ ਸਭ ਵੇਖ ਕੇ) ਹੋ ਸਕਦਾ ਹੈ ਕਿ ਤੁਸੀਂ ਧੰਨਵਾਦ ਕਰੋ।

وَمِن رَّحْمَتِهِۦ جَعَلَ لَكُمُ ٱلَّيْلَ وَٱلنَّهَارَ لِتَسْكُنُوا۟
فِيهِ وَلِتَبْتَغُوا۟ مِن فَضْلِهِۦ وَلَعَلَّكُمْ تَشْكُرُونَ ﴿73﴾

74 ਅਤੇ ਜਿਸ ਦਿਨ ਅੱਲਾਹ ਉਹਨਾਂ (ਮੁਸ਼ਰਿਕਾਂ) ਨੂੰ ਪੁੱਛੇਗਾ ਕਿ ਉਹ (ਇਸ਼ਟ) ਕਿੱਥੇ ਹਨ ਜਿਨ੍ਹਾਂ ਨੂੰ ਤੁਸੀਂ ਮੇਰਾ ਸਾਂਝੀ ਖ਼ਿਆਲ ਕਰਦੇ ਸੀ।

وَيَوْمَ يُنَادِيهِمْ فَيَقُولُ أَيْنَ شُرَكَآءِىَ ٱلَّذِينَ
كُنتُمْ تَزْعُمُونَ ﴿74﴾

75. ਅਤੇ ਅਸੀਂ ਹਰ ਉੱਮਤ (ਕੌਮ) ਵਿੱਚੋਂ ਇਕ-ਇਕ ਗਵਾਹ ਕੱਢ ਲਿਆਵਾਂਗੇ ਫੇਰ ਅਸੀਂ ਆਖਾਂਗੇ ਕਿ ਤੁਸੀਂ (ਮੇਰਾ ਸ਼ਰੀਕ ਬਣਾਉਣ ਲਈ) ਕੋਈ ਦਲੀਲ ਪੇਸ਼ ਕਰੋ। ਉਸ ਸਮੇਂ ਉਹਨਾਂ ਨੂੰ ਪਤਾ ਲੱਗ ਜਾਵੇਗਾ ਕਿ ਬੇਸ਼ੱਕ ਸੱਚੀ ਗੱਲ ਤਾਂ ਅੱਲਾਹ ਹੀ

وَنَزَعْنَا مِن كُلِّ أُمَّةٍ شَهِيدًا فَقُلْنَا هَاتُوا۟
بُرْهَٰنَكُمْ فَعَلِمُوٓا۟ أَنَّ ٱلْحَقَّ لِلَّهِ وَضَلَّ
عَنْهُم مَّا كَانُوا۟ يَفْتَرُونَ ﴿75﴾

ਦੀ ਹੈ ਅਤੇ ਉਹਨਾਂ ਤੋਂ ਉਹ ਸਭ ਗੁਆਚ ਜਾਵੇਗਾ, ਜੋ ਝੂਠ ਉਹ ਘੜਦੇ ਸੀ।

76 ਬੇਸ਼ੱਕ ਕਾਰੂਨ ਵੀ ਮੂਸਾ ਦੀ ਕੌਮ ਵਿੱਚੋਂ ਹੀ ਸੀ, ਪਰ ਉਹ ਉਹਨਾਂ 'ਤੇ ਜ਼ੁਲਮ ਕਰਦਾ ਸੀ। ਅਸੀਂ ਉਸ ਨੂੰ ਇੰਨੇ ਖ਼ਜ਼ਾਨੇ ਦੇ ਰੱਖੇ ਸੀ ਕਿ ਉਸ ਦੀਆਂ ਕੁੰਜੀਆਂ ਦਾ ਭਾਰ ਕਈ ਕਈ ਤਾਕਤਵਰ ਲੋਕਾਂ ਨੂੰ ਵੀ ਥਕਾ ਦਿੰਦੀਆਂ ਸੀ। ਇਕ ਵਾਰ ਉਸ ਦੀ ਕੌਮ ਨੇ ਕਿਹਾ ਕਿ ਤੂੰ ਘਮੰਡ ਨਾ ਕਰ, ਅੱਲਾਹ ਘਮੰਡੀ ਲੋਕਾਂ ਨੂੰ ਪਸੰਦ ਨਹੀਂ ਕਰਦਾ।

إِنَّ قَارُونَ كَانَ مِن قَوْمِ مُوسَىٰ فَبَغَىٰ
عَلَيْهِمْ ۖ وَآتَيْنَاهُ مِنَ الْكُنُوزِ مَا إِنَّ مَفَاتِحَهُ
لَتَنُوأُ بِالْعُصْبَةِ أُولِي الْقُوَّةِ إِذْ قَالَ لَهُ
قَوْمُهُ لَا تَفْرَحْ ۖ إِنَّ اللَّهَ لَا يُحِبُّ الْفَرِحِينَ ٧٦

77 ਅਤੇ ਜੋ (ਦੌਲਤ) ਅੱਲਾਹ ਨੇ ਤੈਨੂੰ ਦਿੱਤੀ ਹੋਈ ਹੈ ਤੂੰ ਉਸ ਨਾਲ ਆਖ਼ਿਰਤ ਦਾ ਘਰ ਬਣਾਉਣ ਦੀ ਵੀ ਚਿੰਤਾ ਕਰ ਅਤੇ ਦੁਨੀਆਂ ਵਿੱਚੋਂ ਵੀ ਆਪਣਾ ਹਿੱਸਾ ਲੈਣਾ ਨਾ ਭੁੱਲੀਂ ਅਤੇ ਜਿਸ ਤਰ੍ਹਾਂ ਅੱਲਾਹ ਨੇ ਤੇਰੇ 'ਤੇ ਅਹਿਸਾਨ ਕੀਤਾ ਹੈ, ਤੂੰ ਵੀ (ਲੋਕਾਂ 'ਤੇ) ਅਹਿਸਾਨ ਕਰ ਅਤੇ ਧਰਤੀ 'ਤੇ ਵਿਗਾੜ ਪੈਦਾ ਨਾ ਕਰ। ਬੇਸ਼ੱਕ ਅੱਲਾਹ ਫ਼ਸਾਦੀਆਂ ਨੂੰ ਪਸੰਦ ਨਹੀਂ ਕਰਦਾ।

وَابْتَغِ فِيمَا آتَاكَ اللَّهُ الدَّارَ الْآخِرَةَ ۖ وَلَا تَنسَ
نَصِيبَكَ مِنَ الدُّنْيَا ۖ وَأَحْسِن كَمَا أَحْسَنَ اللَّهُ
إِلَيْكَ ۖ وَلَا تَبْغِ الْفَسَادَ فِي الْأَرْضِ ۖ إِنَّ اللَّهَ
لَا يُحِبُّ الْمُفْسِدِينَ ٧٧

78 ਕਾਰੂਨ ਨੇ ਉੱਤਰ ਵਿਚ ਕਿਹਾ ਕਿ ਇਹ ਸਭ ਕੁੱਝ (ਮਾਲਦੌਲਤ) ਮੈਨੂੰ ਮੇਰੀ ਅਕਲ-ਸਮਝ ਕਾਰਨ ਹੀ ਦਿੱਤਾ ਗਿਆ ਹੈ। ਕੀ ਉਹ ਨਹੀਂ ਜਾਣਦਾ ਕਿ ਬੇਸ਼ੱਕ ਅੱਲਾਹ ਇਸ ਤੋਂ ਪਹਿਲਾਂ ਬਹੁਤ ਸਾਰੇ ਅਜਿਹੇ ਲੋਕਾਂ ਨੂੰ ਨਸ਼ਟ ਕਰ ਚੁੱਕਿਆ ਹੈ ਜੋ ਇਸ ਤੋਂ ਕਿਤੇ ਵੱਧ ਜ਼ੋਰਾਵਰ ਸੀ ਅਤੇ ਬਹੁਤ ਵੱਡੇ ਧਨਵਾਨ ਸੀ? ਗੁਨਾਹਗਾਰਾਂ (ਪਾਪੀਆਂ) ਤੋਂ ਉਹਨਾਂ ਦੇ ਅਪਰਾਧਾਂ ਪ੍ਰਤੀ ਨਹੀਂ ਪੁੱਛਿਆ ਜਾਂਦਾ।

قَالَ إِنَّمَا أُوتِيتُهُ عَلَىٰ عِلْمٍ عِندِي ۚ أَوَلَمْ
يَعْلَمْ أَنَّ اللَّهَ قَدْ أَهْلَكَ مِن قَبْلِهِ مِنَ
الْقُرُونِ مَنْ هُوَ أَشَدُّ مِنْهُ قُوَّةً وَأَكْثَرُ جَمْعًا ۚ
وَلَا يُسْأَلُ عَن ذُنُوبِهِمُ الْمُجْرِمُونَ ٧٨

79. ਜਦੋਂ ਉਹ (ਕਾਰੂਨ) ਆਪਣੀ ਕੌਮ ਦੇ ਸਾਹਮਣੇ ਪੂਰੀ ਸੱਜ-ਧੱਜ ਨਾਲ ਨਿਕਲਿਆ ਤਾਂ ਸੰਸਾਰਿਕ ਜੀਵਨ ਦੇ ਮਤਵਾਲੇ ਕਹਿਣ ਲੱਗੇ ਕਿ ਕਾਸ਼! ਸਾਨੂੰ ਵੀ ਕਿਸੇ ਪ੍ਰਕਾਰ ਉਹ ਮਿਲ ਜਾਂਦਾ ਜੋ (ਧੰਨ ਦੌਲਤ)

فَخَرَجَ عَلَىٰ قَوْمِهِ فِي زِينَتِهِ ۖ قَالَ الَّذِينَ
يُرِيدُونَ الْحَيَاةَ الدُّنْيَا يَا لَيْتَ لَنَا مِثْلَ مَا
أُوتِيَ قَارُونُ إِنَّهُ لَذُو حَظٍّ عَظِيمٍ ٧٩

ਕਾਰੂਨ ਨੂੰ ਦਿੱਤਾ ਗਿਆ ਹੈ। ਬੇਸ਼ੱਕ ਉਹ ਤਾਂ ਕਿਸਮਤ ਦਾ ਧਨੀ ਹੈ।

80. ਪਰ ਜਿਨ੍ਹਾਂ ਨੂੰ ਗਿਆਨ ਦਿੱਤਾ ਗਿਆ ਸੀ ਉਹਨਾਂ ਨੇ ਕਿਹਾ ਕਿ ਅਫ਼ਸੋਸ ਤੁਹਾਡੀਆਂ ਅਕਲਾਂ 'ਤੇ, ਉਸ ਵਿਅਕਤੀ ਲਈ ਅੱਲਾਹ ਵੱਲੋਂ ਚੰਗਾ ਬਦਲਾ ਹੈ ਜਿਹੜਾ ਅੱਲਾਹ 'ਤੇ ਈਮਾਨ ਲਿਆਇਆ ਤੇ ਨੇਕ ਅਮਲ ਕੀਤੇ। ਇਹ ਗੱਲ ਸਬਰ ਕਰਨ ਵਾਲਿਆਂ ਨੂੰ ਹੀ ਸਿਖਾਈ ਜਾਂਦੀ ਹੈ।

وَقَالَ الَّذِينَ أُوتُوا الْعِلْمَ وَيْلَكُمْ ثَوَابُ اللَّهِ
خَيْرٌ لِّمَنْ آمَنَ وَعَمِلَ صَالِحًا وَلَا يُلَقَّاهَا إِلَّا
الصَّابِرُونَ ٨٠

81. ਸੋ ਅਸੀਂ ਉਸ (ਕਾਰੂਨ) ਨੂੰ ਸਣੇ ਉਸ ਦੇ ਮਹਿਲ ਦੇ ਧਰਤੀ ਵਿਚ ਧਸਾ ਦਿੱਤਾ ਅਤੇ ਫੇਰ ਉਸ ਲਈ (ਉਸ ਦੇ ਹਾਮੀਆਂ ਦੀ) ਕੋਈ ਟੋਲੀ ਅਜਿਹੀ ਨਹੀਂ ਸੀ ਜਿਹੜੀ ਅੱਲਾਹ ਦੇ ਮੁਕਾਬਲੇ ਵਿਚ ਉਸ ਦੀ ਮਦਦ ਕਰਦੀ ਅਤੇ ਨਾ ਹੀ ਉਹ ਆਪ ਬਦਲਾ ਲੈ ਸਕਿਆ।[1]

فَخَسَفْنَا بِهِ وَبِدَارِهِ الْأَرْضَ فَمَا كَانَ لَهُ
مِن فِئَةٍ يَنصُرُونَهُ مِن دُونِ اللَّهِ وَمَا
كَانَ مِنَ الْمُنتَصِرِينَ ٨١

82. ਅਤੇ ਜਿਹੜੇ ਲੋਕੀ ਕੱਲ ਤੀਕ ਉਸ ਵਾਂਗ ਅਮੀਰ ਬਣਨ ਦੀ ਇੱਛਾ ਰੱਖਦੇ ਸੀ, ਉਹ ਸਵੇਰ ਨੂੰ ਉਠ ਕੇ ਕਹਿਣ ਲੱਗੇ, ਹਾਏ ਅਫ਼ਸੋਸ (ਸਾਡੀ ਭੁੱਲ ਉੱਤੇ)! ਅੱਲਾਹ ਆਪਣੇ ਬੰਦਿਆਂ ਵਿੱਚੋਂ ਜਿਸ ਨੂੰ ਚਾਹੁੰਦਾ ਹੈ ਖੁੱਲ੍ਹੀ ਰੋਜ਼ੀ ਦਿੰਦਾ ਹੈ ਅਤੇ (ਚਾਹੇ ਤਾਂ) ਤੰਗ ਵੀ ਕਰ ਦਿੰਦਾ ਹੈ। ਜੇ ਅੱਲਾਹ ਸਾਡੇ 'ਤੇ ਆਪਣੀ ਕ੍ਰਿਪਾ ਨਾ ਕਰਦਾ ਤਾਂ ਸਾਨੂੰ ਵੀ ਧਸਾ ਦਿੰਦਾ। ਕੀ ਤੁਸੀਂ ਨਹੀਂ ਜਾਣਦੇ ਕਿ ਨਾ-ਸ਼ੁਕਰੇ ਕਦੇ ਸਫ਼ਲ ਨਹੀਂ ਹੁੰਦੇ?

وَأَصْبَحَ الَّذِينَ تَمَنَّوْا مَكَانَهُ بِالْأَمْسِ يَقُولُونَ
وَيْكَأَنَّ اللَّهَ يَبْسُطُ الرِّزْقَ لِمَن يَشَاءُ مِنْ
عِبَادِهِ وَيَقْدِرُ لَوْلَا أَن مَّنَّ اللَّهُ عَلَيْنَا لَخَسَفَ
بِنَا وَيْكَأَنَّهُ لَا يُفْلِحُ الْكَافِرُونَ ٨٢

[1] ਇਹ ਹੈ ਉਹ ਅੰਤ ਜਿਹੜਾ ਤਕੱਬਰ ਕਰਨ ਵਾਲਿਆਂ ਦਾ ਹੁੰਦਾ ਹੈ। ਹਦੀਸ ਵਿਚ ਹੈ ਕਿ ਵਡਿਆਈ ਅਤੇ ਹੰਕਾਰ ਨਾਲ ਪਜਾਮਾ, ਪੈਂਟ, ਸ਼ਲਵਾਰ ਜਾਂ ਚਾਦਰਾ ਧਰਤੀ ਉੱਤੇ ਘਸੀਟ ਕੇ ਚੱਲਣ ਵਾਲਾ ਭੈੜੇ ਅੰਜਾਮ ਹੁੰਦਾ ਹੈ। ਇਸੇ ਲਈ ਨਬੀ (ਸ:) ਨੇ ਫ਼ਰਮਾਇਆ ਕਿ ਕਿਆਮਤ ਦੇ ਦਿਹਾੜੇ ਉਸ ਵਿਅਕਤੀ ਵਲ ਨਹੀਂ ਵੇਖੇਗਾ ਜਿਹੜਾ ਘਮੰਡ ਵਿਚ ਆਕੇ ਪਜਾਮਾ ਜਾਂ ਸ਼ਲਵਾਰ ਘਸੀਟ ਕੇ ਚਲਦਾ ਹੈ। (ਸਹੀ ਬੁਖ਼ਾਰੀ, ਹਦੀਸ: 5788)

تِلْكَ الدَّارُ الْآخِرَةُ نَجْعَلُهَا لِلَّذِينَ
لَا يُرِيدُونَ عُلُوًّا فِي الْأَرْضِ وَلَا فَسَادًا ۚ
وَالْعَاقِبَةُ لِلْمُتَّقِينَ ﴿٨٣﴾

83 ਉਹ ਆਖ਼ਿਰਤ ਦਾ ਘਰ (ਸਵਰਗ) ਅਸੀਂ ਉਹਨਾਂ ਲੋਕਾਂ ਨੂੰ ਹੀ ਬਖ਼ਸ਼ਾਂਗੇ ਜਿਹੜੇ ਧਰਤੀ 'ਤੇ ਨਾ ਵਡਿਆਈ ਚਾਹੁੰਦੇ ਹਨ ਤੇ ਨਾ ਹੀ ਫ਼ਸਾਦ। ਰੱਬ ਤੋਂ ਡਰਨ ਵਾਲਿਆਂ ਦਾ ਹੀ ਵਧੀਆ ਅੰਤ ਹੋਵੇਗਾ।[1]

مَن جَاءَ بِالْحَسَنَةِ فَلَهُ خَيْرٌ مِّنْهَا ۖ وَمَن
جَاءَ بِالسَّيِّئَةِ فَلَا يُجْزَى الَّذِينَ عَمِلُوا
السَّيِّئَاتِ إِلَّا مَا كَانُوا يَعْمَلُونَ ﴿٨٤﴾

84. ਜਿਹੜਾ ਕੋਈ (ਕਿਆਮਤ ਦਿਹਾੜੇ) ਨੇਕੀ ਲਿਆਵੇਗਾ ਉਸ ਨੂੰ ਉਸ (ਨੇਕੀ) ਤੋਂ ਵਧੀਆ ਬਦਲਾ ਮਿਲੇਗਾ ਜਿਹੜਾ ਕੋਈ ਬੁਰਾਈ ਲਿਆਵੇਗਾ ਤਾਂ ਭੈੜੀਆਂ ਕਰਤੂਤਾਂ ਕਰਨ ਵਾਲੇ ਨੂੰ ਉਹੀ ਬਦਲਾ ਮਿਲੇਗਾ, ਜੋ ਉਹ ਕਰਮ ਕਰਦੇ ਸਨ।

إِنَّ الَّذِي فَرَضَ عَلَيْكَ الْقُرْآنَ لَرَادُّكَ إِلَىٰ
مَعَادٍ ۚ قُل رَّبِّي أَعْلَمُ مَن جَاءَ بِالْهُدَىٰ
وَمَنْ هُوَ فِي ضَلَالٍ مُّبِينٍ ﴿٨٥﴾

85 (ਹੇ ਨਬੀ!) ਜਿਸ ਅੱਲਾਹ ਨੇ ਤੁਹਾਡੇ 'ਤੇ ਇਹ (ਕੁਰਆਨ) ਨਾਜ਼ਿਲ ਕੀਤਾ ਹੈ ਲਾਜ਼ਮਨ ਉਹ ਤੁਹਾਨੂੰ ਵਧੀਆ ਅੰਤ ਤਕ ਪਹੁੰਚਾਉਣ ਵਾਲਾ ਹੈ। ਆਖ ਦਿਓ ਕਿ ਮੇਰਾ ਰੱਬ ਚੰਗੀ ਤਰ੍ਹਾਂ ਜਾਣਦਾ ਹੈ ਕਿ ਕੌਣ ਹਿਦਾਇਤ ਦੇ ਨਾਲ (ਅੱਲਾਹ ਕੋਲ) ਆਇਆ ਹੈ ਤੇ ਕੌਣ ਗੁਮਰਾਹੀ ਨਾਲ ਆਇਆ ਹੈ।

وَمَا كُنتَ تَرْجُو أَن يُلْقَىٰ إِلَيْكَ الْكِتَابُ
إِلَّا رَحْمَةً مِّن رَّبِّكَ ۖ فَلَا تَكُونَنَّ ظَهِيرًا
لِّلْكَافِرِينَ ﴿٨٦﴾

86 (ਹੇ ਨਬੀ!) ਤੁਸੀਂ ਤਾਂ ਕਦੇ ਸੋਚਿਆ ਵੀ ਨਹੀਂ ਸੀ ਕਿ ਆਪ ਵੱਲ ਇਹ ਕਿਤਾਬ (ਕੁਰਆਨ) ਨਾਜ਼ਿਲ ਕੀਤੀ ਜਾਵੇਗੀ। ਇਹ ਤਾਂ ਤੁਹਾਡੇ ਰੱਬ ਦੀਆਂ ਮਿਹਰਾਂ ਸਦਕੇ ਹੀ ਉੱਤਰਿਆ ਹੈ। ਸੋ ਹੁਣ ਤੁਸੀਂ ਕਦੇ ਵੀ ਕਾਫ਼ਿਰਾਂ ਦਾ ਸਹਾਇਕ ਨਹੀਂ ਬਣੋ। (ਭਾਵ ਕੋਈ ਕੰਮ ਜਾਂ ਗੱਲ ਅਜਿਹੀ ਨਾ ਕਰੋ ਜਿਸ ਤੋਂ ਉਹਨਾਂ ਨੂੰ ਕਿਸੇ ਪ੍ਰਕਾਰ ਦਾ ਲਾਭ ਹੋਵੇ)।

---

1 ਵੇਖੋ ਸੂਰਤ ਅਲ-ਹੱਜ, ਹਾਸ਼ੀਆ ਆਇਤ 9/22

87. ਅਤੇ ਉਹ (ਕਾਫ਼ਿਰ) ਤੁਹਾਨੂੰ ਅੱਲਾਹ ਦੀਆਂ ਆਇਤਾਂ (ਕੁਰਆਨ) ਦੇ ਪ੍ਰਚਾਰ ਤੋਂ ਨਾ ਰੋਕ ਦੇਣ ਜਦ ਕਿ ਇਹ ਤੁਹਾਡੇ ਉੱਤੇ ਹੀ ਉਤਾਰੀਆਂ ਗਈਆਂ ਹਨ। ਤੁਸੀਂ (ਉਹਨਾਂ ਨੂੰ) ਆਪਣੇ ਰੱਬ ਵੱਲ ਬੁਲਾਉਂਦੇ ਰਹੋ ਅਤੇ ਕਦੇ ਵੀ ਸ਼ਿਰਕ ਕਰਨ ਵਾਲਿਆਂ ਵਿੱਚੋਂ ਨਾ ਹੋਣਾ।

وَلَا يَصُدُّنَّكَ عَنْ اٰيٰتِ اللّٰهِ بَعْدَ اِذْ اُنْزِلَتْ اِلَيْكَ وَادْعُ اِلٰى رَبِّكَ وَلَا تَكُوْنَنَّ مِنَ الْمُشْرِكِيْنَ ﴿87﴾

88. ਤੁਸੀਂ ਅੱਲਾਹ ਦੇ ਨਾਲ ਕਿਸੇ ਹੋਰ ਨੂੰ ਇਸ਼ਟ ਨਾ ਆਖੋ। ਅੱਲਾਹ ਤੋਂ ਛੁੱਟ ਹੋਰ ਕੋਈ ਵੀ ਇਸ਼ਟ ਨਹੀਂ। ਹਰ ਚੀਜ਼ ਦਾ ਅੰਤ ਹੋਣ ਵਾਲਾ ਹੈ ਸਿਵਾਏ ਉਸ (ਅੱਲਾਹ) ਦੀ ਹਸਤੀ ਤੋਂ, ਉਸੇ ਦਾ ਹੁਕਮ ਚਲਦਾ ਹੈ ਅਤੇ ਤੁਸੀਂ ਸਾਰੇ ਉਸੇ ਵੱਲ ਪਰਤਾਏ ਜਾਵੋਗੇ।

وَلَا تَدْعُ مَعَ اللّٰهِ اِلٰهًا اٰخَرَ ۘ لَاۤ اِلٰهَ اِلَّا هُوَ ۟ كُلُّ شَيْءٍ هَالِكٌ اِلَّا وَجْهَهٗ ؕ لَهُ الْحُكْمُ وَاِلَيْهِ تُرْجَعُوْنَ ﴿88﴾

29. ਸੂਰਤ ਅਲ-ਅਨਕਬੂਤ (ਮੱਕੀ-85)

سُوْرَةُ الْعَنْكَبُوْتِ

(ਆਇਤਾਂ 69, ਰੁਕੂਅ 7)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਅਲਿਫ਼, ਲਾਮ, ਮੀਮ।

الٓمّٓ ﴿1﴾

2. ਕੀ ਲੋਕਾਂ ਨੇ ਇਹ ਸਮਝ ਲਿਆ ਹੈ ਕਿ ਉਹ ਕੇਵਲ ਇੰਨਾ ਆਖਣ ਨਾਲ ਹੀ ਛੱਡ ਦਿੱਤੇ ਜਾਣਗੇ ਕਿ "ਅਸੀਂ ਈਮਾਨ ਲਿਆਏ" ਅਤੇ ਉਹਨਾਂ ਨੂੰ ਪਰੱਖਿਆ ਨਹੀਂ ਜਾਵੇਗਾ।

اَحَسِبَ النَّاسُ اَنْ يُّتْرَكُوْۤا اَنْ يَّقُوْلُوْۤا اٰمَنَّا وَهُمْ لَا يُفْتَنُوْنَ ﴿2﴾

3. ਅਸੀਂ ਉਹਨਾਂ ਲੋਕਾਂ ਨੂੰ ਵੀ ਪਰੱਖਿਆ ਹੈ ਜਿਹੜੇ ਇਹਨਾਂ ਤੋਂ ਪਹਿਲਾਂ ਬੀਤ ਚੁੱਕੇ ਹਨ। ਸੋ ਅੱਲਾਹ ਉਹਨਾਂ ਲੋਕਾਂ ਨੂੰ ਜ਼ਰੂਰ ਖੋਲ੍ਹ ਦੇਵੇਗਾ ਜਿਹੜੇ ਸੱਚ ਬੋਲਦੇ ਹਨ ਅਤੇ ਉਹਨਾਂ ਨੂੰ ਵੀ ਜਿਹੜੇ ਝੂਠੇ ਹਨ।

وَلَقَدْ فَتَنَّا الَّذِيْنَ مِنْ قَبْلِهِمْ فَلَيَعْلَمَنَّ اللّٰهُ الَّذِيْنَ صَدَقُوْا وَلَيَعْلَمَنَّ الْكٰذِبِيْنَ ﴿3﴾

4 ਕੀ ਜਿਹੜੇ ਲੋਕੀ ਬੁਰਾਈਆਂ ਕਰ ਰਹੇ ਹਨ ਉਹਨਾਂ ਨੇ ਇਹ ਸਮਝ ਰੱਖਿਆ ਹੈ ਕਿ ਉਹ ਸਾਥੋਂ ਬਚ ਕੇ ਨਿੱਕਲ ਜਾਣਗੇ? ਬਹੁਤ ਹੀ ਬੁਰਾ ਹੈ ਜੋ ਉਹ ਫ਼ੈਸਲਾ ਕਰਦੇ ਹਨ (ਭਾਵ ਸੋਚ ਰੱਖਦੇ ਹਨ)

أَمْ حَسِبَ الَّذِينَ يَعْمَلُونَ السَّيِّئَاتِ أَن يَسْبِقُونَا ۚ سَاءَ مَا يَحْكُمُونَ ٤

5 ਜਿਹੜਾ ਵਿਅਕਤੀ ਅੱਲਾਹ ਨੂੰ ਮਿਲਣ ਦੀ ਆਸ ਰੱਖਦਾ ਹੈ (ਉਸ ਨੂੰ ਪਤਾ ਹੈ ਕਿ) ਅੱਲਾਹ ਦਾ ਵਾਅਦਾ (ਕਿਆਮਤ ਦਾ) ਜ਼ਰੂਰ ਆਉਣ ਵਾਲਾ ਹੈ। ਉਹ (ਅੱਲਾਹ) ਸਭ ਕੁੱਝ ਆਪਣੇ ਗਿਆਨ ਨਾਲ ਸੁਣਨ ਵਾਲਾ ਤੇ ਜਾਣਨ ਵਾਲਾ ਹੈ।

مَن كَانَ يَرْجُو لِقَاءَ اللَّهِ فَإِنَّ أَجَلَ اللَّهِ لَآتٍ ۚ وَهُوَ السَّمِيعُ الْعَلِيمُ ٥

6 ਜਿਹੜਾ ਵਿਅਕਤੀ ਜਿਹਾਦ (ਸੰਘਰਸ਼) ਕਰਦਾ ਹੈ, ਉਹ ਆਪਣੇ ਹੀ ਭਲੇ ਲਈ ਜਿਹਾਦ ਕਰਦਾ ਹੈ ਜਦ ਕਿ ਅੱਲਾਹ ਦੁਨੀਆਂ-ਜਹਾਨ ਦੇ ਲੋਕਾਂ ਤੋਂ ਬੇਪਰਵਾਹ ਹੈ।

وَمَن جَاهَدَ فَإِنَّمَا يُجَاهِدُ لِنَفْسِهِ ۚ إِنَّ اللَّهَ لَغَنِيٌّ عَنِ الْعَالَمِينَ ٦

7 ਜਿਹੜੇ ਈਮਾਨ ਲਿਆਏ ਅਤੇ (ਰੱਬ ਦੇ ਹੁਕਮਾਂ ਅਨੁਸਾਰ) ਚੰਗੇ ਕੰਮ ਕੀਤੇ ਅਸੀਂ ਉਹਨਾਂ ਤੋਂ ਉਹਨਾਂ ਦੀਆਂ ਸਾਰੀਆਂ ਬੁਰਾਈਆਂ ਨੂੰ ਦੂਰ (ਭਾਵ ਮੁਆਫ਼) ਕਰ ਦਿਆਂਗੇ ਅਤੇ ਉਹਨਾਂ ਨੂੰ (ਚੰਗੇ ਕੰਮਾਂ) ਦਾ ਬਹੁਤ ਹੀ ਵਧੀਆ ਬਦਲਾ ਦਿਆਂਗੇ।

وَالَّذِينَ آمَنُوا وَعَمِلُوا الصَّالِحَاتِ لَنُكَفِّرَنَّ عَنْهُمْ سَيِّئَاتِهِمْ وَلَنَجْزِيَنَّهُمْ أَحْسَنَ الَّذِي كَانُوا يَعْمَلُونَ ٧

8 ਅਸੀਂ ਹਰੇਕ ਵਿਅਕਤੀ ਨੂੰ ਆਪਣੇ ਮਾਤਾ ਪਿਤਾ ਨਾਲ ਵਧੀਆ ਵਰਤਾਓ ਕਰਨ ਦੀ ਨਸੀਹਤ ਕੀਤੀ ਹੈ, ਹਾਂ! ਜੇ ਉਹ ਤੇਰੇ ਉੱਤੇ ਜ਼ੋਰ ਪਾਉਣ ਕਿ ਤੂੰ ਮੇਰੇ ਨਾਲ ਉਹਨਾਂ (ਇਸ਼ਟਾਂ) ਨੂੰ ਸ਼ਰੀਕ ਬਣਾ ਜਿਸ ਨੂੰ ਤੂੰ ਜਾਣਦਾ ਵੀ ਨਹੀਂ ਤਾਂ ਉਹਨਾਂ ਦਾ ਕਹਿਣਾ ਨਾ ਮੰਨੀ। ਤੁਸੀਂ ਸਭ ਨੇ ਆਉਣਾ ਤਾਂ ਮੇਰੇ ਕੋਲ ਹੀ ਹੈ, ਫੇਰ ਮੈਂ ਤੁਹਾਨੂੰ ਦੱਸਾਂਗਾ ਜੋ ਤੁਸੀਂ ਕੀਤਿਆ ਕਰਦੇ ਸੀ।

وَوَصَّيْنَا الْإِنسَانَ بِوَالِدَيْهِ حُسْنًا ۖ وَإِن جَاهَدَاكَ لِتُشْرِكَ بِي مَا لَيْسَ لَكَ بِهِ عِلْمٌ فَلَا تُطِعْهُمَا ۚ إِلَيَّ مَرْجِعُكُمْ فَأُنَبِّئُكُم بِمَا كُنتُمْ تَعْمَلُونَ ٨

9 ਜਿਹੜੇ ਲੋਕ ਈਮਾਨ ਲਿਆਏ ਤੇ ਉਹਨਾਂ ਨੇ ਨੇਕ ਕਰਮ ਕੀਤੇ, ਅਸੀਂ ਉਹਨਾਂ ਨੂੰ ਨੇਕ ਲੋਕਾਂ ਨਾਲ (ਜੰਨਤ ਵਿਚ) ਦਾਖ਼ਲ ਕਰਾਂਗਾ।

وَالَّذِينَ آمَنُوا وَعَمِلُوا الصَّالِحَاتِ لَنُدْخِلَنَّهُمْ
فِي الصَّالِحِينَ ٩

10 ਲੋਕਾਂ ਵਿਚ ਹੀ ਕੁੱਝ ਅਜਿਹੇ ਵੀ ਹਨ ਜਿਹੜੇ ਕਹਿੰਦੇ ਹਨ ਕਿ ਅਸੀਂ ਈਮਾਨ ਲਿਆਏ। ਪਰ ਜਦੋਂ ਉਹਨਾਂ ਨੂੰ ਅੱਲਾਹ ਦੀ ਰਾਹ ਚਲਦੇ ਸਤਾਇਆ ਜਾਂਦਾ ਹੈ ਤਾਂ ਉਹ ਲੋਕਾਂ ਵੱਲੋਂ ਸਤਾਏ ਜਾਣ ਨੂੰ ਅੱਲਾਹ ਵੱਲੋਂ ਦਿੱਤੇ ਅਜ਼ਾਬ ਵਾਂਗ ਸਮਝਦੇ ਹਨ। ਜੇਕਰ ਤੁਹਾਡੇ ਰੱਬ ਵੱਲੋਂ ਕੋਈ ਮਦਦ ਆ ਜਾਵੇ ਤਾਂ ਆਖਣਗੇ, ਬੇਸ਼ੱਕ ਅਸੀਂ ਤਾਂ (ਹੇ ਈਮਾਨ ਵਾਲਿਓ!) ਤੁਹਾਡੇ ਨਾਲ ਸਾਂ। ਕੀ ਜੋ ਕੁੱਝ ਵੀ ਸੰਸਾਰ ਦੇ ਲੋਕਾਂ ਦੇ ਮਨਾਂ ਵਿਚ ਹੈ ਉਸ ਦਾ ਗਿਆਨ ਅੱਲਾਹ ਨੂੰ ਨਹੀਂ ਹੈ?

وَمِنَ النَّاسِ مَن يَقُولُ آمَنَّا بِاللَّهِ فَإِذَا أُوذِيَ
فِي اللَّهِ جَعَلَ فِتْنَةَ النَّاسِ كَعَذَابِ اللَّهِ وَلَئِن
جَاءَ نَصْرٌ مِّن رَّبِّكَ لَيَقُولُنَّ إِنَّا كُنَّا مَعَكُمْ ۚ
أَوَلَيْسَ اللَّهُ بِأَعْلَمَ بِمَا فِي صُدُورِ الْعَالَمِينَ ١٠

11 ਅੱਲਾਹ ਉਹਨਾਂ ਨੂੰ ਜ਼ਰੂਰ ਪ੍ਰਗਟ ਕਰੇਗਾ ਜਿਹੜੇ (ਸੱਚੇ ਦਿਲੋਂ) ਈਮਾਨ ਲਿਆਏ ਅਤੇ ਉਹ ਮੁਨਾਫ਼ਿਕਾਂ (ਦੋਗਲੇ ਲੋਕਾਂ) ਨੂੰ ਵੀ ਪ੍ਰਗਟ ਕਰੇਗਾ।

وَلَيَعْلَمَنَّ اللَّهُ الَّذِينَ آمَنُوا وَلَيَعْلَمَنَّ
الْمُنَافِقِينَ ١١

12 ਕਾਫ਼ਿਰਾਂ ਨੇ ਮੁਸਲਮਾਨਾਂ ਨੂੰ ਕਿਹਾ ਕਿ ਤੁਸੀਂ ਸਾਡੀ ਰਾਹ 'ਤੇ ਚੱਲੋ ਤੁਹਾਡੇ ਪਾਪਾਂ ਦਾ ਬੋਝ ਅਸੀਂ ਚੁੱਕ ਲਵਾਂਗੇ, ਜਦ ਕਿ ਉਹ (ਕਾਫ਼ਿਰ) ਉਹਨਾਂ ਦੇ ਗੁਨਾਹਾਂ ਦਾ ਕੁੱਝ ਵੀ ਬੋਝ ਚੁੱਕਣ ਵਾਲੇ ਨਹੀਂ। ਉਹ ਤਾਂ ਕੋਰਾ ਝੂਠ ਬੋਲਦੇ ਹਨ।

وَقَالَ الَّذِينَ كَفَرُوا لِلَّذِينَ آمَنُوا اتَّبِعُوا
سَبِيلَنَا وَلْنَحْمِلْ خَطَايَاكُمْ وَمَا هُم بِحَامِلِينَ
مِنْ خَطَايَاهُم مِّن شَيْءٍ ۖ إِنَّهُمْ لَكَاذِبُونَ ١٢

13 ਹਾਂ ਉਹ ਆਪਣੇ ਪਾਪਾਂ ਦਾ ਭਾਰ ਅਤੇ ਆਪਣੇ ਭਾਰ ਦੇ ਨਾਲ ਹੋਰ ਵੀ ਕਈ ਭਾਰ ਚੁੱਕਣਗੇ। ਜੋ ਵੀ ਝੂਠ ਉਹ ਆਪਣੇ ਕੋਲੋਂ ਘੜਦੇ ਹਨ, ਕਿਆਮਤ ਦਿਹਾੜੇ ਉਹਨਾਂ ਦੇ ਸੰਬੰਧ ਵਿਚ ਉਹਨਾਂ ਤੋਂ ਜ਼ਰੂਰ ਪੁੱਛਿਆ ਜਾਵੇਗਾ।

وَلَيَحْمِلُنَّ أَثْقَالَهُمْ وَأَثْقَالًا مَّعَ أَثْقَالِهِمْ ۖ
وَلَيُسْأَلُنَّ يَوْمَ الْقِيَامَةِ عَمَّا كَانُوا يَفْتَرُونَ ١٣

14. ਬੇਸ਼ੱਕ ਅਸੀਂ ਨੂਹ ਨੂੰ ਉਸ ਦੀ ਕੌਮ ਵੱਲ ਭੇਜਿਆ ਅਤੇ ਉਹਨਾਂ ਵਿਚਾਲੇ ਉਹ ਪੰਜਾਹ ਘੱਟ ਇਕ ਹਜ਼ਾਰ (950) ਸਾਲ ਤਕ ਰਿਹਾ (ਜਦੋਂ ਕੌਮ ਨੇ ਨੂਹ ਨੂੰ ਝੁਠਲਾਇਆ)। ਫੇਰ ਉਹਨਾਂ ਨੂੰ ਤੂਫ਼ਾਨ ਨੇ ਇਸ ਹਾਲ ਵਿਚ ਆ ਘੇਰਿਆ ਜਦੋਂ ਕਿ ਉਹ ਜ਼ੁਲਮ ਕਰ ਰਹੇ ਸਨ।

وَلَقَدْ أَرْسَلْنَا نُوحًا إِلَىٰ قَوْمِهِ فَلَبِثَ فِيهِمْ أَلْفَ
سَنَةٍ إِلَّا خَمْسِينَ عَامًا فَأَخَذَهُمُ الطُّوفَانُ وَهُمْ
ظَالِمُونَ ١٤

15 ਫੇਰ ਅਸੀਂ ਉਸ (ਨੂਹ) ਨੂੰ ਅਤੇ ਬੇੜੀ ਵਾਲਿਆਂ ਨੂੰ (ਤੂਫ਼ਾਨ ਤੋਂ) ਬਚਾ ਲਿਆ ਅਤੇ ਇੰਜ ਅਸੀਂ (ਇਸ ਘਟਨਾ ਨੂੰ) ਸਾਰੇ ਜਹਾਨ ਦੇ ਲੋਕਾਂ ਲਈ ਇਕ ਉੱਚ ਕੋਟੀ ਦੀ (ਸਿੱਖਿਆਦਾਇਕ) ਨਿਸ਼ਾਨੀ ਬਣਾ ਛੱਡਿਆ

فَأَنجَيْنَاهُ وَأَصْحَابَ السَّفِينَةِ وَجَعَلْنَاهَا آيَةً
لِّلْعَالَمِينَ ١٥

16 ਅਤੇ (ਅਸਾਂ) ਇਬਰਾਹੀਮ ਨੂੰ (ਰਸੂਲ ਬਣਾ ਕੇ) ਭੇਜਿਆ, ਜਦੋਂ ਉਸ ਨੇ ਆਪਣੀ ਕੌਮ ਨੂੰ ਕਿਹਾ ਕਿ ਤੁਸੀਂ ਅੱਲਾਹ ਦੀ ਬੰਦਗੀ ਕਰੋ ਅਤੇ ਉਸੇ ਤੋਂ ਡਰੋ, ਜੇ ਤੁਸੀਂ ਅਕਲ ਰੱਖਦੇ ਹੋ ਇਹੋ ਤੁਹਾਡੇ ਲਈ ਵਧੀਆ ਗੱਲ ਹੈ।

وَإِبْرَاهِيمَ إِذْ قَالَ لِقَوْمِهِ اعْبُدُوا اللَّهَ وَاتَّقُوهُ ۖ
ذَٰلِكُمْ خَيْرٌ لَّكُمْ إِن كُنتُمْ تَعْلَمُونَ ١٦

17 (ਅਤੇ ਕਿਹਾ ਕਿ) ਤੁਸੀਂ ਤਾਂ ਅੱਲਾਹ ਨੂੰ ਛੱਡ ਕੇ ਬੁਤਾਂ ਦੀ ਪੂਜਾ ਕਰਦੇ ਹੋ ਅਤੇ ਝੂਠ ਘੜਦੇ ਹੋ। ਬੇਸ਼ੱਕ ਤੁਸੀਂ ਅੱਲਾਹ ਨੂੰ ਛੱਡ ਕੇ ਜਿਨ੍ਹਾਂ ਨੂੰ ਵੀ ਪੂਜਦੇ ਹੋ ਉਹ ਤੁਹਾਨੂੰ ਰੋਜ਼ੀ ਦੇਣ ਦਾ ਅਧਿਕਾਰ ਨਹੀਂ ਰੱਖਦੇ। ਸੋ ਤੁਸੀਂ ਅੱਲਾਹ ਤੋਂ ਹੀ ਰੋਜ਼ੀ ਮੰਗੋ ਅਤੇ ਉਸੇ ਦੀ ਇਬਾਦਤ ਕਰੋ ਅਤੇ ਉਸੇ ਦਾ ਧੰਨਵਾਦ ਕਰੋ। ਤੁਸੀਂ (ਮਰਨ ਮਗਰੋਂ) ਉਸੇ ਵੱਲ ਪਰਤਾਏ ਜਾਓਗੇ।

إِنَّمَا تَعْبُدُونَ مِن دُونِ اللَّهِ أَوْثَانًا وَتَخْلُقُونَ
إِفْكًا ۚ إِنَّ الَّذِينَ تَعْبُدُونَ مِن دُونِ اللَّهِ
لَا يَمْلِكُونَ لَكُمْ رِزْقًا فَابْتَغُوا عِندَ اللَّهِ الرِّزْقَ
وَاعْبُدُوهُ وَاشْكُرُوا لَهُ ۖ إِلَيْهِ تُرْجَعُونَ ١٧

18 (ਹੇ ਲੋਕੋ!) ਜੇ ਤੁਸੀਂ (ਮੇਰੇ ਰਸੂਲ ਨੂੰ) ਝੁਠਲਾਓਗੇ (ਤਾਂ ਕੋਈ ਨਵੀਂ ਗੱਲ ਨਹੀਂ) ਤੁਹਾਥੋਂ ਪਹਿਲੀਆਂ

وَإِن تُكَذِّبُوا فَقَدْ كَذَّبَ أُمَمٌ مِّن قَبْلِكُمْ ۖ
وَمَا عَلَى الرَّسُولِ إِلَّا الْبَلَاغُ الْمُبِينُ ١٨

ਕੌਮਾਂ ਨੇ ਵੀ (ਰਸੂਲਾਂ ਨੂੰ) ਝੁਠਲਾਇਆ ਹੈ। ਰਸੂਲ ਦਾ ਕੰਮ ਤਾਂ ਕੇਵਲ (ਰੱਬ ਦੇ ਹੁਕਮਾਂ ਨੂੰ) ਸਪਸ਼ਟ ਰੂਪ ਵਿਚ ਪੁਚਾਂ ਦੇਣਾ ਹੀ ਹੈ।

19. ਕੀ ਉਹਨਾਂ (ਇਨਕਾਰੀਆਂ) ਨੇ ਕਦੇ ਵੇਖਿਆ ਹੀ ਨਹੀਂ ਕਿ ਅੱਲਾਹ ਮਖ਼ਲੂਕ ਨੂੰ ਕਿਸ ਤਰ੍ਹਾਂ ਪਹਿਲੀ ਵਾਰ ਪੈਦਾ ਕਰਦਾ ਹੈ ਅਤੇ ਉਹ (ਕਿਆਮਤ ਵੇਲੇ) ਇਸ ਨੂੰ ਮੁੜ ਦੁਹਰਾਵੇਗਾ। ਇਹ ਕਰਨਾ ਤਾਂ ਅੱਲਾਹ ਲਈ ਬਹੁਤ ਹੀ ਸੌਖਾ ਹੈ।

أَوَلَمْ يَرَوْا كَيْفَ يُبْدِئُ اللَّهُ الْخَلْقَ ثُمَّ يُعِيدُهُ ۚ
إِنَّ ذَٰلِكَ عَلَى اللَّهِ يَسِيرٌ ﴿19﴾

20 (ਹੇ ਨਬੀ! ਇਨਕਾਰੀਆਂ ਨੂੰ) ਆਖੋ ਕਿ ਰਤਾ ਧਰਤੀ ਉੱਤੇ ਤੁਰ ਫਿਰ ਕੇ ਵੇਖੋ ਕਿ ਉਸ (ਅੱਲਾਹ) ਨੇ ਕਿਸ ਤਰ੍ਹਾਂ ਪਹਿਲੀ ਵਾਰ ਮਖ਼ਲੂਕ ਦੀ ਰਚਨਾ ਰਚਾਈ ਫੇਰ ਅੱਲਾਹ ਹੀ ਇਸ ਨੂੰ ਦੂਜੀ ਵਾਰ ਰਚਾਏਗਾ। ਅੱਲਾਹ ਹਰ ਕੰਮ ਕਰਨ ਦੀ ਸਮਰਥਾ ਰੱਖਦਾ ਹੈ।

قُلْ سِيرُوا فِي الْأَرْضِ فَانظُرُوا كَيْفَ بَدَأَ الْخَلْقَ ۚ
ثُمَّ اللَّهُ يُنشِئُ النَّشْأَةَ الْآخِرَةَ ۚ إِنَّ اللَّهَ عَلَىٰ كُلِّ
شَيْءٍ قَدِيرٌ ﴿20﴾

21 ਉਹ ਜਿਸ ਨੂੰ ਚਾਹਵੇ ਅਜ਼ਾਬ (ਪਾਪਾਂ ਦੀ ਸਜ਼ਾ) ਦੇਵੇ ਤੇ ਜਿਸ 'ਤੇ ਚਾਹੇ ਕ੍ਰਿਪਾ ਕਰੇ (ਮੁਆਫ਼ ਕਰੇ), ਜਾਣਾ ਤੁਸਾਂ ਸਭ ਨੇ ਉਸੇ ਵੱਲ ਹੀ ਹੈ।

يُعَذِّبُ مَن يَشَاءُ وَيَرْحَمُ مَن يَشَاءُ ۖ
وَإِلَيْهِ تُقْلَبُونَ ﴿21﴾

22. ਤੁਸੀਂ ਨਾ ਤਾਂ (ਅੱਲਾਹ ਨੂੰ) ਧਰਤੀ 'ਤੇ ਬੇਵਸ ਕਰ ਸਕਦੇ ਹੋ ਤੇ ਨਾ ਹੀ ਅਕਾਸ਼ ਵਿਚ, ਅਤੇ ਨਾ ਹੀ ਅੱਲਾਹ ਤੋਂ ਛੁੱਟ ਤੁਹਾਡਾ ਕੋਈ ਦੋਸਤ ਹੈ ਤੇ ਨਾ ਕੋਈ ਸਹਾਈ।

وَمَا أَنتُم بِمُعْجِزِينَ فِي الْأَرْضِ وَلَا فِي السَّمَاءِ ۖ
وَمَا لَكُم مِّن دُونِ اللَّهِ مِن وَلِيٍّ وَلَا نَصِيرٍ ﴿22﴾

23. ਜਿਹੜੇ ਲੋਕ ਅੱਲਾਹ ਦੀਆਂ ਆਇਤਾਂ (ਕੁਰਆਨ) ਅਤੇ ਉਸ ਦੇ ਨਾਲ ਮਿਲਣੀ (ਆਖ਼ਿਰਤ) ਦਾ ਇਨਕਾਰ ਕਰਦੇ ਹਨ ਉਹ ਮੇਰੀਆਂ ਮਿਹਰਾਂ ਤੋਂ ਨਿਰਾਸ਼ ਹੋ ਚੁੱਕੇ ਹਨ ਅਤੇ ਉਹਨਾਂ ਲਈ ਦਰਦਨਾਕ ਅਜ਼ਾਬ ਹੈ।

وَالَّذِينَ كَفَرُوا بِآيَاتِ اللَّهِ وَلِقَائِهِ أُولَٰئِكَ يَئِسُوا
مِن رَّحْمَتِي وَأُولَٰئِكَ لَهُمْ عَذَابٌ أَلِيمٌ ﴿23﴾

فَمَا كَانَ جَوَابَ قَوْمِهِۦٓ إِلَّآ أَن قَالُوا۟ ٱقْتُلُوهُ
أَوْ حَرِّقُوهُ فَأَنجَىٰهُ ٱللَّهُ مِنَ ٱلنَّارِ ۚ إِنَّ فِى
ذَٰلِكَ لَءَايَٰتٍ لِّقَوْمٍ يُؤْمِنُونَ 24

24. ਉਹ (ਇਬਰਾਹੀਮ) ਦੀ ਕੌਮ ਦਾ ਜਵਾਬ ਇਸ ਤੋਂ ਛੁੱਟ ਹੋਰ ਕੁੱਝ ਨਹੀਂ ਸੀ ਕਿ ਉਹ ਆਖਣ ਲੱਗੇ ਕਿ ਇਸ (ਇਬਰਾਹੀਮ) ਨੂੰ ਕਤਲ ਕਰ ਦਿਓ ਜਾਂ ਸਾੜ ਦਿਓ। (ਕੌਮ ਨੇ ਸਾੜਣਾ ਚਾਹਿਆ) ਪਰ ਅੱਲਾਹ ਨੇ ਉਸ ਨੂੰ ਅੱਗ ਤੋਂ ਬਚਾ ਲਿਆ। ਬੇਸ਼ੱਕ ਇਸ (ਘਟਨਾ) ਵਿਚ ਈਮਾਨ ਵਾਲਿਆਂ ਲਈ ਨਿਸ਼ਾਨੀਆਂ ਹਨ।[1]

وَقَالَ إِنَّمَا ٱتَّخَذْتُم مِّن دُونِ ٱللَّهِ أَوْثَٰنًا
مَّوَدَّةَ بَيْنِكُمْ فِى ٱلْحَيَوٰةِ ٱلدُّنْيَا ۖ ثُمَّ يَوْمَ ٱلْقِيَٰمَةِ
يَكْفُرُ بَعْضُكُم بِبَعْضٍ وَيَلْعَنُ بَعْضُكُم بَعْضًا
وَمَأْوَىٰكُمُ ٱلنَّارُ وَمَا لَكُم مِّن نَّٰصِرِينَ 25

25. ਅਤੇ ਇਬਰਾਹੀਮ ਨੇ ਕਿਹਾ ਕਿ ਤੁਸੀਂ ਅੱਲਾਹ ਨੂੰ ਛੱਡ ਕੇ ਜਿਹੜੇ ਵੀ ਬੁਤਾਂ ਨੂੰ ਪੂਜਦੇ ਹੋ, ਇਹ ਦਾ ਕਾਰਨ ਤਾਂ ਕੇਵਲ ਤੁਹਾਡੇ ਸੰਸਾਰਿਕ ਪ੍ਰੇਮ ਹੈ, ਪਰ ਕਿਆਮਤ ਵਾਲੇ ਦਿਹਾੜੇ ਤੁਸੀਂ ਇਕ ਦੂਜੇ ਦੇ ਇਨਕਾਰੀ ਹੋ ਜਾਓਗੇ ਤੇ ਤੁਸੀਂ ਇਕ ਦੂਜੇ 'ਤੇ ਫਿਟਕਾਰਾਂ ਪਾਓਗੇ। ਤੁਹਾਡਾ ਸਭ ਦਾ ਟਿਕਾਣਾ (ਨਰਕ ਦੀ) ਅੱਗ ਹੋਵੇਗੀ, ਜਿੱਥੇ ਤੁਹਾਡਾ ਕੋਈ ਵੀ ਸਹਾਈ ਨਹੀਂ ਹੋਵੇਗਾ।

فَـَٔامَنَ لَهُۥ لُوطٌ ۘ وَقَالَ إِنِّى مُهَاجِرٌ إِلَىٰ رَبِّىٓ ۖ
إِنَّهُۥ هُوَ ٱلْعَزِيزُ ٱلْحَكِيمُ 26

26. ਫੇਰ ਇਬਰਾਹੀਮ ਉੱਤੇ ਲੂਤ ਈਮਾਨ ਲਿਆਇਆ ਤੇ ਇਬਰਾਹੀਮ ਨੇ ਆਖਿਆ ਕਿ ਮੈਂ ਆਪਣੇ ਪਾਲਣਹਾਰ ਵੱਲ ਹਿਜਰਤ ਕਰਨ ਵਾਲਾ ਹਾਂ (ਭਾਵ ਸਭ ਕੁੱਝ ਛੱਡ ਕੇ ਉਸੇ ਦਾ ਲੜ ਫੜਾਂਗਾ) ਉਹ ਬਹੁਤ ਹੀ ਜ਼ਬਰਦਸਤ ਹਿਕਮਤਾਂ ਵਾਲਾ ਹੈ।

وَوَهَبْنَا لَهُۥٓ إِسْحَٰقَ وَيَعْقُوبَ وَجَعَلْنَا فِى ذُرِّيَّتِهِ
ٱلنُّبُوَّةَ وَٱلْكِتَٰبَ وَءَاتَيْنَٰهُ أَجْرَهُۥ فِى ٱلدُّنْيَا ۖ
وَإِنَّهُۥ فِى ٱلْءَاخِرَةِ لَمِنَ ٱلصَّٰلِحِينَ 27

27. ਅਤੇ ਅਸੀਂ ਉਸ (ਇਬਰਾਹੀਮ) ਨੂੰ ਇਸਹਾਕ ਤੇ ਯਾਕੂਬ (ਪੁੱਤਰ ਤੇ ਪੋਤਰੇ) ਦਿੱਤੇ ਅਤੇ ਉਸੇ ਦੇ ਵੰਸ਼ ਵਿੱਚੋਂ ਪੈਗ਼ੰਬਰੀ ਤੇ (ਅਕਾਸ਼ੀ) ਕਿਤਾਬਾਂ ਦੇ ਛੱਡੀਆਂ। ਅਸੀਂ ਉਹਨਾਂ ਨੂੰ ਸੰਸਾਰ ਵਿਚ ਵੀ ਬਦਲਾ ਭਾਵ ਮਾਨ ਦਿੱਤਾ ਅਤੇ ਪਰਲੋਕ ਵਿਚ ਉਹ ਨੇਕ ਤੇ ਭਲੇ ਲੋਕਾਂ ਵਿੱਚੋਂ ਹੀ ਹੋਣਗੇ।

---

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 173/3

28. ਅਤੇ ਅਸਾਂ ਲੂਤ ਨੂੰ (ਪੈਗ਼ੰਬਰ ਬਣਾ ਕੇ) ਭੇਜਿਆ, ਜਦੋਂ ਉਸ ਨੇ ਆਪਣੀ ਕੌਮ ਨੂੰ ਕਿਹਾ ਕਿ ਤੁਸੀਂ ਤਾਂ ਉਹ ਅਸ਼ਲੀਲ ਹਰਕਤਾਂ ਕਰਦੇ ਹੋ ਜਿਸ ਨੂੰ ਤੁਹਾਥੋਂ ਪਹਿਲਾਂ ਸੰਸਾਰ ਵਿਚ ਕਿਸੇ ਨੇ ਵੀ ਨਹੀਂ ਸੀ ਕੀਤਾ।

وَلُوطًا إِذْ قَالَ لِقَوْمِهِ إِنَّكُمْ لَتَأْتُونَ الْفَاحِشَةَ
مَا سَبَقَكُم بِهَا مِنْ أَحَدٍ مِّنَ الْعَالَمِينَ ٢٨

29. ਕੀ ਤੁਸੀਂ ਪੁਰਸ਼ਾਂ ਦੇ ਕੋਲ (ਕਾਮਵਾਸਨਾ ਦੀ ਪੂਰਤੀ ਲਈ) ਜਾਂਦੇ ਹੋ? (ਲੁੱਟਾਂ ਖੋਹਾਂ ਕਰਨ ਲਈ) ਰਸਤੇ ਬੰਦ ਕਰਦੇ ਹੋ ਅਤੇ ਆਪਣੀਆਂ ਮਜਲਿਸਾਂ ਵਿਚ ਭੈੜੀਆਂ (ਅਸ਼ਲੀਲ) ਹਰਕਤਾਂ ਕਰਦੇ ਹੋ? ਇਹਨਾਂ ਗੱਲਾਂ ਦੇ ਉੱਤਰ ਵਿਚ ਉਸ (ਲੂਤ ਦੀ) ਕੌਮ ਨੇ ਇਸ ਤੋਂ ਛੁੱਟ ਹੋਰ ਕੁੱਝ ਨਹੀਂ ਕਿਹਾ ਕਿ ਜੇ ਤੂੰ ਆਪਣੀ ਗੱਲ ਵਿਚ ਸੱਚਾ ਹੈਂ ਤਾਂ (ਸਾਡੇ ਲਈ) ਅੱਲਾਹ ਵੱਲੋਂ ਅਜ਼ਾਬ ਲੈ ਆ।

أَئِنَّكُمْ لَتَأْتُونَ الرِّجَالَ وَتَقْطَعُونَ السَّبِيلَ ۙ
وَتَأْتُونَ فِي نَادِيكُمُ الْمُنكَرَ ۖ فَمَا كَانَ جَوَابَ
قَوْمِهِ إِلَّا أَن قَالُوا ائْتِنَا بِعَذَابِ اللَّهِ إِن
كُنتَ مِنَ الصَّادِقِينَ ٢٩

30. ਉਸ (ਲੂਤ) ਨੇ ਕਿਹਾ ਕਿ ਹੇ ਮੇਰਿਆ ਰੱਬਾ! ਇਸ ਫ਼ਸਾਦੀ ਕੌਮ ਦੇ ਟਾਕਰੇ 'ਤੇ ਮੇਰੀ ਮਦਦ ਕਰ।

قَالَ رَبِّ انصُرْنِي عَلَى الْقَوْمِ الْمُفْسِدِينَ ٣٠

31. ਜਦੋਂ ਸਾਡੇ ਦੂਤ (ਫ਼ਰਿਸ਼ਤੇ) ਇਬਰਾਹੀਮ ਕੋਲ ਖ਼ੁਸ਼ਖ਼ਬਰੀ ਲੈਕੇ ਪਹੁੰਚੇ ਤਾਂ ਉਹਨਾਂ ਨੇ ਕਿਹਾ ਕਿ ਅਸੀਂ ਇਸ ਬਸਤੀ (ਸੱਦੂਮ) ਨੂੰ ਬਰਬਾਦ ਕਰਨ ਵਾਲੇ ਹਾਂ। ਬੇਸ਼ੱਕ ਇਸ ਦੇ ਵਸਨੀਕ ਤਾਂ ਜ਼ਾਲਮ ਹਨ।

وَلَمَّا جَاءَتْ رُسُلُنَا إِبْرَاهِيمَ بِالْبُشْرَىٰ
قَالُوا إِنَّا مُهْلِكُو أَهْلِ هَٰذِهِ الْقَرْيَةِ ۖ إِنَّ
أَهْلَهَا كَانُوا ظَالِمِينَ ٣١

32. (ਇਬਰਾਹੀਮ ਨੇ) ਕਿਹਾ ਕਿ ਉੱਥੇ ਤਾਂ ਲੂਤ ਵੀ ਰਹਿੰਦਾ ਹੈ। ਫ਼ਰਿਸ਼ਤੇ ਕਹਿਣ ਲੱਗੇ ਕਿ ਉੱਥੇ ਜੋ ਵੀ ਹੈ ਅਸੀਂ ਉਸ ਨੂੰ ਚੰਗੀ ਤਰ੍ਹਾਂ ਜਾਣਦੇ ਹਾਂ, ਅਸੀਂ ਲੂਤ ਅਤੇ ਉਸ ਦੇ ਪਰਿਵਾਰ ਨੂੰ, ਛੁੱਟ ਉਸ ਦੀ ਪਤਨੀ, ਸਭ ਨੂੰ ਸੁਰੱਖਿਅਤ ਰੱਖਾਂਗੇ, ਉਸ ਦੀ ਔਰਤ ਪਿੱਛੇ ਰਹਿ ਜਾਣ ਵਾਲਿਆਂ ਵਿੱਚੋਂ ਹੋਵੇਗੀ (ਭਾਵ ਜਿਨ੍ਹਾਂ ਨੂੰ ਸਜ਼ਾ ਮਿਲਣੀ ਹੈ)।

قَالَ إِنَّ فِيهَا لُوطًا ۚ قَالُوا نَحْنُ أَعْلَمُ بِمَن
فِيهَا ۖ لَنُنَجِّيَنَّهُ وَأَهْلَهُ إِلَّا امْرَأَتَهُ كَانَتْ
مِنَ الْغَابِرِينَ ٣٢

33. ਜਦੋਂ ਸਾਡੇ ਵੱਲੋਂ ਭੇਜੇ ਹੋਏ (ਫ਼ਰਿਸ਼ਤੇ) ਲੂਤ ਦੇ ਕੋਲ ਪਹੁੰਚੇ ਤਾਂ ਉਹ ਆਉਣ ਦਾ ਕਾਰਨ ਸੁਣ ਕੇ) ਬਹੁਤ ਦੁਖੀ ਹੋਇਆ ਅਤੇ ਮਨ ਹੀ ਮਨ ਵਿਚ ਤੰਗੀ ਮਹਿਸੂਸ ਹੋਈ ਤਾਂ ਫ਼ਰਿਸ਼ਤਿਆਂ ਨੇ ਉਸ ਨੂੰ ਆਖਿਆ ਕਿ ਤੁਸੀਂ ਉੱਕਾ ਹੀ ਨਾ ਡਰੋ ਤੇ ਨਾ ਕੋਈ ਚਿੰਤਾ ਕਰੋ, ਅਸੀਂ ਤੁਹਾਨੂੰ ਤੇ ਤੇਰੇ ਘਰ ਵਾਲਿਆਂ ਨੂੰ ਬਚਾ ਲਵਾਂਗੇ, ਛੁੱਟ ਤੇਰੀ ਪਤਨੀ ਤੋਂ, ਉਹ ਪਿੱਛੇ ਰਹਿ ਜਾਣ ਵਾਲਿਆਂ ਨਾਲ਼ ਹੋਵੇਗੀ।

وَلَمَّآ أَن جَآءَتْ رُسُلُنَا لُوطًا سِىٓءَ بِهِمْ وَضَاقَ بِهِمْ ذَرْعًا وَقَالُوا۟ لَا تَخَفْ وَلَا تَحْزَنْ ۖ إِنَّا مُنَجُّوكَ وَأَهْلَكَ إِلَّا ٱمْرَأَتَكَ كَانَتْ مِنَ ٱلْغَٰبِرِينَ ﴿33﴾

34 (ਫ਼ਰਿਸ਼ਤਿਆਂ ਨੇ ਕਿਹਾ ਕਿ) ਅਸੀਂ ਇਸ ਬਸਤੀ ਵਾਲਿਆਂ ਉੱਤੇ ਉਹਨਾਂ ਦੀ ਨਾ-ਫ਼ਰਮਾਨੀ ਕਾਰਨ ਅਕਾਸ਼ੋਂ ਅਜ਼ਾਬ ਨਾਜ਼ਿਲ ਕਰਨ ਵਾਲੇ ਹਾਂ।

إِنَّا مُنزِلُونَ عَلَىٰٓ أَهْلِ هَٰذِهِ ٱلْقَرْيَةِ رِجْزًا مِّنَ ٱلسَّمَآءِ بِمَا كَانُوا۟ يَفْسُقُونَ ﴿34﴾

35. ਬੇਸ਼ੱਕ ਅਸੀਂ ਇਸ ਬਸਤੀ ਨੂੰ ਉਹਨਾਂ ਲੋਕਾਂ ਲਈ ਇਕ ਖੁੱਲ੍ਹੀ ਨਿਸ਼ਾਨੀ ਵਜੋਂ ਛੱਡ ਰੱਖਿਆ ਹੈ, ਜਿਹੜੇ ਅਕਲ ਰੱਖਦੇ ਹਨ।

وَلَقَد تَّرَكْنَا مِنْهَآ ءَايَةًۢ بَيِّنَةً لِّقَوْمٍ يَعْقِلُونَ ﴿35﴾

36. ਅਤੇ ਮਦਯਨ ਵੱਲ ਅਸੀਂ ਉਹਨਾਂ ਦੇ ਭਰਾ ਸ਼ੁਐਬ ਨੂੰ ਭੇਜਿਆ। ਉਸ ਨੇ ਆਪਣੀ ਕੌਮ ਨੂੰ ਆਖਿਆ ਕਿ ਹੇ ਮੇਰੀ ਕੌਮ ਵਾਲਿਓ! ਤੁਸੀਂ ਅੱਲਾਹ ਦੀ ਬੰਦਗੀ ਕਰੋ, ਕਿਆਮਤ ਦਿਹਾੜੇ 'ਤੇ ਵਿਸ਼ਵਾਸ ਰੱਖੋ ਅਤੇ ਧਰਤੀ 'ਤੇ ਵਧੀਕੀਆਂ ਨਾ ਕਰਦੇ ਫਿਰੋ।

وَإِلَىٰ مَدْيَنَ أَخَاهُمْ شُعَيْبًا فَقَالَ يَٰقَوْمِ ٱعْبُدُوا۟ ٱللَّهَ وَٱرْجُوا۟ ٱلْيَوْمَ ٱلْءَاخِرَ وَلَا تَعْثَوْا۟ فِى ٱلْأَرْضِ مُفْسِدِينَ ﴿36﴾

37. ਫੇਰ ਵੀ ਉਹ ਨਹੀਂ ਮੰਨੇ। ਅੰਤ ਇਕ ਭੂਚਾਲ ਨੇ ਉਹਨਾਂ ਨੂੰ ਆ ਫੜਿਆ ਅਤੇ ਉਹ ਆਪਣੇ ਘਰਾਂ ਵਿਚ ਮੂੱਧੇ ਮੂੰਹ ਪਏ ਰਹਿ ਗਏ।

فَكَذَّبُوهُ فَأَخَذَتْهُمُ ٱلرَّجْفَةُ فَأَصْبَحُوا۟ فِى دَارِهِمْ جَٰثِمِينَ ﴿37﴾

38 ਅਸੀਂ ਆਦੀਆਂ ਤੇ ਸਮੂਦੀਆਂ ਨੂੰ ਵੀ ਹਲਾਕ ਕੀਤਾ। ਤੁਸੀਂ ਉਹਨਾਂ ਦੇ (ਉੱਜੜੇ ਹੋਏ) ਨਿਵਾਸ ਸਥਾਨ ਵੇਖ ਸਕਦੇ ਹੋ। ਸ਼ੈਤਾਨ ਨੇ ਉਹਨਾਂ ਦੀਆਂ

وَعَادًا وَثَمُودَا۟ وَقَد تَّبَيَّنَ لَكُم مِّن مَّسَٰكِنِهِمْ ۖ وَزَيَّنَ لَهُمُ ٱلشَّيْطَٰنُ أَعْمَٰلَهُمْ فَصَدَّهُمْ عَنِ ٱلسَّبِيلِ وَكَانُوا۟ مُسْتَبْصِرِينَ ﴿38﴾

ਕਰਤੂਤਾਂ ਨੂੰ ਉਹਨਾਂ ਲਈ ਸੋਹਣਾ ਕਰ ਵਿਖਾਇਆ ਅਤੇ ਉਹਨਾਂ ਨੂੰ (ਸਿੱਧੇ ਰਾਹ ਤੋਂ ਰੋਕ ਦਿੱਤਾ ਜਦ ਕਿ ਉਹ ਸੂਝ-ਬੂਝ ਵਾਲੇ ਸਨ)।

39. ਕਾਰੂਨ, ਫ਼ਿਰਔਨ ਤੇ ਹਾਮਾਨ ਨੂੰ ਵੀ ਹਲਾਕ ਕਰ ਦਿੱਤਾ ਗਿਆ। ਬੇਸ਼ੱਕ ਉਹਨਾਂ ਕੋਲ ਵੀ ਮੂਸਾ ਸਪਸ਼ਟ ਨਿਸ਼ਾਨੀਆਂ ਲੈ ਕੇ ਆਇਆ ਸੀ, ਪਰ ਉਹਨਾਂ ਨੇ ਧਰਤੀ 'ਤੇ ਆਪਣੀ ਵਡਿਆਈ ਵਿਖਾਈ ਜਦ ਕਿ ਉਹ ਅਜ਼ਾਬ ਤੋਂ ਬਚ ਕੇ ਜਾਣ ਵਾਲੇ ਨਹੀਂ ਸੀ।

وَقَارُونَ وَفِرْعَوْنَ وَهَامَانَ ۖ وَلَقَدْ جَاءَهُمْ
مُوسَىٰ بِالْبَيِّنَاتِ فَاسْتَكْبَرُوا فِي الْأَرْضِ وَمَا
كَانُوا سَابِقِينَ (39)

40. ਅਤੇ ਅਸੀਂ ਸਭ ਨੂੰ ਉਹਨਾਂ ਦੇ ਗੁਨਾਹਾਂ ਕਾਰਨ ਫੜ ਲਿਆ, ਉਹਨਾਂ ਵਿਚ ਕੋਈ ਤਾਂ ਉਹ ਸੀ ਜਿਨ੍ਹਾਂ 'ਤੇ ਅਸੀਂ ਪਥਰਾਓ ਕਰਨ ਵਾਲੀ ਤੇਜ਼ ਹਵਾ ਭੇਜੀ ਅਤੇ ਉਹਨਾਂ ਵਿਚ ਉਹ ਵੀ ਸੀ ਜਿਨ੍ਹਾਂ ਨੂੰ ਇਕ ਵੱਡੇ ਧਮਾਕੇ ਨੇ ਆ ਨੱਪਿਆ ਅਤੇ ਉਹਨਾਂ ਵਿਚ ਉਹ ਵੀ ਸੀ ਜਿਨ੍ਹਾਂ ਨੂੰ ਧਰਤੀ ਵਿਚ ਧਸਾ ਦਿੱਤਾ ਅਤੇ ਉਹਨਾਂ ਵਿਚ ਉਹ ਵੀ ਸੀ ਜਿਨ੍ਹਾਂ ਨੂੰ ਅਸੀਂ ਡੋਬ ਦਿੱਤਾ। ਅੱਲਾਹ ਨੇ ਉਹਨਾਂ 'ਤੇ ਜ਼ੁਲਮ ਨਹੀਂ ਕੀਤਾ, ਸਗੋਂ ਉਹ ਆਪੇ ਆਪਣੇ 'ਤੇ ਜ਼ੁਲਮ ਕਰਦੇ ਰਹੇ ਸਨ।

فَكُلًّا أَخَذْنَا بِذَنْبِهِ ۖ فَمِنْهُمْ مَنْ أَرْسَلْنَا عَلَيْهِ
حَاصِبًا وَمِنْهُمْ مَنْ أَخَذَتْهُ الصَّيْحَةُ وَمِنْهُمْ
مَنْ خَسَفْنَا بِهِ الْأَرْضَ وَمِنْهُمْ مَنْ أَغْرَقْنَا ۚ
وَمَا كَانَ اللَّهُ لِيَظْلِمَهُمْ وَلَٰكِنْ كَانُوا أَنْفُسَهُمْ
يَظْلِمُونَ (40)

41. ਜਿਨ੍ਹਾਂ ਲੋਕਾਂ ਨੇ ਅੱਲਾਹ ਨੂੰ ਛੱਡ ਕੇ ਹੋਰਾਂ ਨੂੰ 'ਆਪਣਾ ਕਾਰਜਸਾਧਕ ਬਣਾਇਆ ਹੈ ਉਹਨਾਂ ਦੀ ਮਿਸਾਲ ਤਾਂ ਮੱਕੜੀ ਵਾਂਗ ਹੈ, ਉਹ ਵੀ ਇਕ ਘਰ ਬਣਾਉਂਦੀ ਹੈ, ਜਦ ਕਿ ਸਾਰੇ ਘਰਾਂ ਵਿੱਚੋਂ ਸਭ ਤੋਂ ਭੈੜਾ ਘਰ ਮੱਕੜੀ ਦਾ ਹੀ ਹੁੰਦਾ ਹੈ। ਕਾਸ਼! ਇਹ (ਮੁਸ਼ਰਿਕ ਵੀ) ਜਾਣ ਲੈਂਦੇ।

مَثَلُ الَّذِينَ اتَّخَذُوا مِنْ دُونِ اللَّهِ أَوْلِيَاءَ
كَمَثَلِ الْعَنْكَبُوتِ اتَّخَذَتْ بَيْتًا ۖ وَإِنَّ أَوْهَنَ
الْبُيُوتِ لَبَيْتُ الْعَنْكَبُوتِ ۖ لَوْ كَانُوا
يَعْلَمُونَ (41)

42. ਅੱਲਾਹ ਉਹਨਾਂ ਸਭ ਚੀਜ਼ਾਂ ਨੂੰ ਜਾਣਦਾ ਹੈ ਜਿਨ੍ਹਾਂ ਨੂੰ ਉਸ (ਅੱਲਾਹ) ਨੂੰ ਛੱਡ ਕੇ (ਆਪਣੀ ਮਦਦ ਲਈ) ਪੁਕਾਰਦੇ ਹਨ[1] ਅਤੇ ਉਹ ਜ਼ਬਰਦਸਤ ਤੇ ਹਿਕਮਤਾਂ ਵਾਲਾ ਹੈ।

إِنَّ اللَّهَ يَعْلَمُ مَا يَدْعُونَ مِن دُونِهِ مِن شَيْءٍ ۚ وَهُوَ الْعَزِيزُ الْحَكِيمُ 42

43 ਅਸੀਂ ਇਹ ਮਿਸਾਲਾਂ ਲੋਕਾਂ ਨੂੰ ਸਮਝਾਉਣ ਲਈ ਬਿਆਨ ਕਰ ਰਹੇ ਹਾਂ ਪਰ ਇਹਨਾਂ ਨੂੰ ਕੇਵਲ (ਅੱਲਾਹ ਦਾ) ਗਿਆਨ ਰੱਖਣ ਵਾਲੇ ਹੀ ਸਮਝਦੇ ਹਨ।

وَتِلْكَ الْأَمْثَالُ نَضْرِبُهَا لِلنَّاسِ ۖ وَمَا يَعْقِلُهَا إِلَّا الْعَالِمُونَ 43

44. ਅੱਲਾਹ ਨੇ ਅਕਾਸ਼ਾਂ ਤੇ ਧਰਤੀ ਨੂੰ ਸੱਚ ਦੇ ਅਧਾਰ 'ਤੇ ਹੀ ਪੈਦਾ ਕੀਤਾ ਹੈ। ਨਿਰਸੰਦੇਹ, ਈਮਾਨ ਵਾਲਿਆਂ ਲਈ ਇਸ ਵਿਚ ਵੱਡੀਆਂ ਨਿਸ਼ਾਨੀਆਂ ਹਨ।

خَلَقَ اللَّهُ السَّمَاوَاتِ وَالْأَرْضَ بِالْحَقِّ ۚ إِنَّ فِي ذَٰلِكَ لَآيَةً لِّلْمُؤْمِنِينَ 44

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 166/2

45. (ਹੇ ਮੁਹੰਮਦ!) ਜਿਹੜੀ ਕਿਤਾਬ (ਕੁਰਆਨ) ਤੁਹਾਡੇ ਵੱਲ ਵਹੀ ਕੀਤੀ ਗਈ ਹੈ, ਤੁਸੀਂ ਉਸ ਨੂੰ ਪੜ੍ਹੋ ਅਤੇ ਨਮਾਜ਼ ਨੂੰ ਕਾਇਮ ਕਰੋ। ਬੇਸ਼ੱਕ ਨਮਾਜ਼ ਅਸ਼ਲੀਲਤਾ ਅਤੇ ਬੁਰਾਈਆਂ ਤੋਂ ਰੋਕਦੀ ਹੈ। ਨਿਰਸੰਦੇਹ, ਅੱਲਾਹ ਦਾ ਜ਼ਿਕਰ ਹੀ ਸਭ ਤੋਂ ਵੱਡੀ ਚੀਜ਼ ਹੈ। ਜੋ ਵੀ ਤੁਸੀਂ ਕਰ ਰਹੇ ਹੋ ਉਸ ਤੋਂ ਅੱਲਾਹ ਖ਼ਬਰਦਾਰ ਹੈ।

اُتْلُ مَآ اُوْحِيَ اِلَيْكَ مِنَ الْكِتٰبِ وَاَقِمِ
الصَّلٰوةَ ۭ اِنَّ الصَّلٰوةَ تَنْهٰى عَنِ الْفَحْشَاۗءِ وَالْمُنْكَرِ ۭ
وَلَذِكْرُ اللّٰهِ اَكْبَرُ ۭ وَاللّٰهُ يَعْلَمُ مَا تَصْنَعُوْنَ ۝

46. (ਹੇ ਮੁਹੰਮਦ!) ਤੁਸੀਂ ਕਿਤਾਬ ਵਾਲਿਆਂ (ਈਸਾਈ ਤੇ ਯਹੂਦੀਆਂ) ਨਾਲ ਸੁਚੱਜੇ ਢੰਗ ਨਾਲ ਵਾਦ-ਵਿਵਾਦ ਕਰੋ। ਪਰੰਤੂ ਜਿਹੜੇ ਉਹਨਾਂ ਵਿੱਚੋਂ ਜ਼ਾਲਮ ਹਨ ਉਹਨਾਂ ਨੂੰ ਸਪਸ਼ਟ ਸ਼ਬਦਾਂ ਵਿਚ ਆਖ ਦਿਓ ਕਿ ਸਾਡਾ ਤਾਂ ਇਸ ਕਿਤਾਬ (ਕੁਰਆਨ) 'ਤੇ ਵੀ ਈਮਾਨ ਹੈ ਅਤੇ ਉਹਨਾਂ 'ਤੇ ਵੀ ਜਿਹੜੀਆਂ ਤੁਹਾਡੇ ਵਲ (ਇੰਜੀਲ ਤੇ ਤੌਰੇਤ) ਉਤਾਰੀਆਂ ਗਈਆਂ ਸਨ। ਸਾਡਾ ਤੇ ਤੁਹਾਡਾ ਇਸ਼ਟ ਇਕ ਹੀ ਹੈ ਅਤੇ ਅਸੀਂ ਸਾਰੇ ਉਸੇ ਦੇ ਆਗਿਆਕਾਰੀ ਹਾਂ।

وَلَا تُجَادِلُوْٓا اَهْلَ الْكِتٰبِ اِلَّا بِالَّتِيْ هِىَ اَحْسَنُ ڰ
اِلَّا الَّذِيْنَ ظَلَمُوْا مِنْهُمْ وَقُوْلُوْٓا اٰمَنَّا بِالَّذِيْٓ
اُنْزِلَ اِلَيْنَا وَاُنْزِلَ اِلَيْكُمْ وَاِلٰـهُنَا وَاِلٰـهُكُمْ وَاحِدٌ
وَّنَحْنُ لَهٗ مُسْلِمُوْنَ ۝

47. (ਹੇ ਨਬੀ! ਪਹਿਲੇ ਨਬੀਆਂ ਵਾਂਗ) ਅਸਾਂ ਤੁਹਾਡੇ ਵੱਲ ਵੀ ਇਹ ਕਿਤਾਬ (ਕੁਰਆਨ) ਨਾਜ਼ਲ ਕੀਤੀ ਹੈ। ਇਸ ਕਿਤਾਬ ਤੇ ਉਹੀਓ ਈਮਾਨ ਲਿਆਉਂਦੇ ਹਨ ਜਿਨ੍ਹਾਂ ਨੂੰ ਅਸੀਂ (ਇਸ ਤੋਂ ਪਹਿਲਾਂ) ਕਿਤਾਬ ਦਿੱਤੀ ਸੀ ਅਤੇ ਉਹਨਾਂ (ਮੱਕੇ ਵਾਲਿਆਂ) ਵਿੱਚੋਂ ਵੀ ਕੁੱਝ ਲੋਕ ਇਸ (ਕੁਰਆਨ) 'ਤੇ ਈਮਾਨ ਲਿਆਉਂਦੇ ਹਨ। ਸਾਡੀਆਂ ਆਇਤਾਂ (ਆਦੇਸ਼ਾਂ) ਦਾ ਇਨਕਾਰ ਕੇਵਲ ਕਾਫ਼ਿਰ ਹੀ ਕਰਦੇ ਹਨ।

وَكَذٰلِكَ اَنْزَلْنَآ اِلَيْكَ الْكِتٰبَ ۭ فَالَّذِيْنَ اٰتَيْنٰهُمُ
الْكِتٰبَ يُؤْمِنُوْنَ بِهٖ ۚ وَمِنْ هٰٓؤُلَاۗءِ مَنْ يُّؤْمِنُ بِهٖ ۭ
وَمَا يَجْحَدُ بِاٰيٰتِنَآ اِلَّا الْكٰفِرُوْنَ ۝

48. (ਹੇ ਨਬੀ!) ਇਸ (ਕੁਰਆਨ) ਤੋਂ ਪਹਿਲਾਂ ਤੁਸੀਂ ਵੀ ਕੋਈ ਵੀ ਕਿਤਾਬ ਨਹੀਂ ਪੜ੍ਹਦੇ ਸੀ ਅਤੇ ਨਾ ਹੀ ਆਪਣੇ ਹੱਥੀਂ ਕੋਈ ਕਿਤਾਬ ਲਿਖਦੇ ਸੀ। (ਜੇ ਅਜਿਹਾ ਹੁੰਦਾ ਤਾਂ) ਇਹ ਝੂਠ ਦੇ ਪੁਜਾਰੀ ਸ਼ੱਕ ਕਰ ਸਕਦੇ ਸੀ (ਕਿ ਇਹ ਤੁਹਾਡੀ ਆਪਣੀ ਲਿਖੀ ਹੋਈ ਕਿਤਾਬ ਹੈ)।

وَمَا كُنْتَ تَتْلُوْا مِنْ قَبْلِهٖ مِنْ كِتٰبٍ وَّلَا تَخُطُّهٗ
بِيَمِيْنِكَ اِذًا لَّارْتَابَ الْمُبْطِلُوْنَ ۝

49. ਸਗੋਂ ਇਹ ਕੁਰਆਨ ਦੀਆਂ ਸਪਸ਼ਟ ਆਇਤਾਂ ਹਨ ਜਿਹੜੀਆਂ ਉਹਨਾਂ ਲੋਕਾਂ ਦੇ ਸੀਨਿਆਂ ਵਿਚ ਸੁਰੱਖਿਅਤ ਹਨ ਜਿਨ੍ਹਾਂ ਨੂੰ (ਰੱਬੀ) ਗਿਆਨ ਬਖ਼ਸ਼ਿਆ ਹੋਇਆ ਹੈ, ਜਦ ਕਿ ਜ਼ਾਲਮ ਲੋਕ ਹੀ ਸਾਡੀਆਂ ਆਇਤਾਂ ਦਾ ਇਨਕਾਰ ਕਰਦੇ ਹਨ

بَلْ هُوَ اٰيٰتٌۢ بَيِّنٰتٌ فِيْ صُدُوْرِ الَّذِيْنَ اُوْتُوا الْعِلْمَ ۭ
وَمَا يَجْحَدُ بِاٰيٰتِنَآ اِلَّا الظّٰلِمُوْنَ ۝

وَقَالُوا لَوْلَا أُنزِلَ عَلَيْهِ آيَاتٌ مِّن رَّبِّهِ ۖ قُلْ إِنَّمَا الْآيَاتُ عِندَ اللَّهِ وَإِنَّمَا أَنَا نَذِيرٌ مُّبِينٌ ﴿٥٠﴾

50. (ਜ਼ਾਲਮਾਂ ਨੇ) ਕਿਹਾ ਕਿ ਇਸ (ਮੁਹੰਮਦ) 'ਤੇ ਇਸ ਦੇ ਰੱਬ ਵੱਲੋਂ ਕੋਈ ਮੁਅਜਜ਼ਾ (ਬੇਵਸ ਕਰਨ ਵਾਲਾ ਚਮਤਕਾਰ) ਕਿਉਂ ਨਹੀਂ ਉਤਾਰਿਆ ਗਿਆ? (ਹੇ ਨਬੀ!) ਤੁਸੀਂ ਆਖੋ ਕਿ ਸਾਰੇ ਮੁਅਜਜ਼ੇ ਤਾਂ ਅੱਲਾਹ ਦੇ ਕੋਲ ਹੀ ਹਨ (ਜਿਸ ਨੂੰ ਚਾਹੇ ਦੇਵੇ, ਚਾਹੇ ਨਾ ਦੇਵੇ)। ਮੈਂ ਤਾਂ ਕੇਵਲ ਖੁੱਲ੍ਹਮ-ਖੁੱਲ੍ਹਾ (ਨਰਕ ਦੇ ਅਜ਼ਾਬ ਤੋਂ) ਡਰਾਉਣ ਵਾਲਾ ਹਾਂ।

أَوَلَمْ يَكْفِهِمْ أَنَّا أَنزَلْنَا عَلَيْكَ الْكِتَابَ يُتْلَىٰ عَلَيْهِمْ ۚ إِنَّ فِي ذَٰلِكَ لَرَحْمَةً وَذِكْرَىٰ لِقَوْمٍ يُؤْمِنُونَ ﴿٥١﴾

51. ਕੀ ਇਹਨਾਂ (ਕਾਫ਼ਿਰਾਂ) ਲਈ ਇਹ (ਕੁਰਆਨ ਦੀ ਨਿਸ਼ਾਨੀ) ਕਾਫ਼ੀ ਨਹੀਂ ਕਿ ਅਸੀਂ ਤੁਹਾਡੇ (ਮੁਹੰਮਦ) 'ਤੇ ਇਹ ਕਿਤਾਬ ਉਤਾਰੀ ਹੈ ਜਿਹੜੀ ਇਹਨਾਂ (ਕਾਫ਼ਿਰਾਂ ਨੂੰ ਸੁਚੇਤ ਕਰਨ) ਲਈ ਪੜ੍ਹੀ ਜਾਂਦੀ ਹੈ।[1] ਬੇਸ਼ੱਕ ਇਸ ਵਿਚ ਉਹਨਾਂ ਲੋਕਾਂ ਲਈ ਰਹਿਮਤਾਂ (ਵੀ) ਹਨ ਅਤੇ ਨਸੀਹਤਾਂ ਵੀ ਹਨ, ਜਿਹੜੇ ਈਮਾਨ ਰੱਖਦੇ ਹਨ (ਭਾਵ ਸੋਚ ਸਮਝਦੇ ਹਨ)।

قُلْ كَفَىٰ بِاللَّهِ بَيْنِي وَبَيْنَكُمْ شَهِيدًا ۖ يَعْلَمُ مَا فِي السَّمَاوَاتِ وَالْأَرْضِ ۗ وَالَّذِينَ آمَنُوا بِالْبَاطِلِ وَكَفَرُوا بِاللَّهِ أُولَٰئِكَ هُمُ الْخَاسِرُونَ ﴿٥٢﴾

52. (ਹੇ ਨਬੀ!) ਉਹਨਾਂ (ਇਨਕਾਰੀਆਂ) ਨੂੰ ਆਖ ਦਿਓ ਕਿ ਮੇਰਾ ਅਤੇ ਤੁਹਾਡੇ ਵਿਚਕਾਰ ਅੱਲਾਹ ਦੀ ਗਵਾਹੀ ਹੀ ਬਥੇਰੀ ਹੈ। ਉਹ ਅਕਾਸ਼ਾਂ ਤੇ ਧਰਤੀ ਦੀ ਹਰ ਚੀਜ਼ ਨੂੰ ਜਾਣਦਾ ਹੈ। ਜਿਹੜੇ ਲੋਕੀ ਝੂਠ ਨੂੰ ਮੰਨਣ ਵਾਲੇ ਹਨ ਅਤੇ ਅੱਲਾਹ ਦੇ ਨਾਲ ਕੁਫ਼ਰ ਕਰਨ ਵਾਲੇ ਹਨ ਉਹੀ ਵੱਡੇ ਘਾਟੇ ਵਿਚ ਰਹਿਣ ਵਾਲੇ ਹਨ।

وَيَسْتَعْجِلُونَكَ بِالْعَذَابِ ۚ وَلَوْلَا أَجَلٌ مُّسَمًّى لَّجَاءَهُمُ الْعَذَابُ وَلَيَأْتِيَنَّهُم بَغْتَةً وَهُمْ لَا يَشْعُرُونَ ﴿٥٣﴾

53. (ਹੇ ਨਬੀ) ਇਹ (ਇਨਕਾਰੀ) ਤੁਹਾਥੋਂ ਅਜ਼ਾਬ ਮੰਗਣ ਵਿਚ ਕਾਹਲੀ ਕਰਦੇ ਹਨ। ਜੇਕਰ (ਮੇਰੇ ਵੱਲੋਂ) ਇਸ ਦਾ ਸਮਾਂ ਨਿਯਤ ਨਾ ਕੀਤਾ ਹੁੰਦਾ ਤਾਂ ਇਹ ਅਜ਼ਾਬ ਉਹਨਾਂ ਨੂੰ ਜ਼ਰੂਰ ਆ ਦੱਬਦਾ। ਇਹ ਵੀ ਹੌਲ

---

1 ਜੇ ਕੁਰਆਨ ਪਾਕ ਨੂੰ ਸੋਚ ਵਿਚਾਰ ਕਰਦੇ ਹੋਏ ਪੜ੍ਹਿਆ ਜਾਵੇ ਤਾਂ ਮਨੁੱਖ ਨੂੰ ਇਸ ਦਾ ਲਾਭ ਹੁੰਦਾ ਹੈ ਅਤੇ ਅੱਲਾਹ ਤਆਲਾ ਵੀ ਇਸੇ ਤਰ੍ਹਾਂ ਕੁਰਆਨ ਪੜ੍ਹਨ ਵਾਲੇ ਤੋਂ ਖ਼ੁਸ਼ ਹੁੰਦਾ ਹੈ। ਹਦੀਸ ਵਿਚ ਹੈ ਕਿ ਅੱਲਾਹ ਤਆਲਾ ਕਿਸੇ ਗੱਲ ਉੱਤੇ ਇੰਨਾ ਧਿਆਨ ਨਹੀਂ ਦਿੰਦਾ ਜਿੰਨਾਂ ਪੈਗ਼ੰਬਰ ਦੀ ਸੋਹਣੀ ਤੇ ਉੱਚੀ ਆਵਾਜ਼ ਨਾਲ ਕੁਰਆਨ ਪੜ੍ਹਨ ਤੇ ਖ਼ੁਸ਼ ਹੁੰਦਾ ਹੈ। (ਸਹੀ ਬੁਖ਼ਾਰੀ, ਹਦੀਸ: 5024)

• ਇਕ ਦੂਜੀ ਹਦੀਸ ਵਿਚ ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਈਰਖਾ ਕੇਵਲ ਦੋ ਆਦਮੀਆਂ ਤੇ ਕੀਤੀ ਜਾ ਸਕਦੀ ਹੈ ਇਕ ਉਹ ਜਿਸ ਨੂੰ ਅੱਲਾਹ ਨੇ ਕੁਰਆਨ ਦੇ ਗਿਆਨ ਨਾਲ ਨਿਵਾਜਿਆ ਹੈ ਅਤੇ ਦੂਜਾ ਉਹ ਜਿਹੜਾ ਦਿਨ ਰਾਤ ਇਸ ਦੀ ਤਿਲਾਵਤ ਵਿਚ ਰੁੱਝਿਆ ਰਹਿੰਦਾ ਹੈ ਕਿ ਉਸ ਦੀ ਤਿਲਾਵਤ ਸੁਣ ਕੇ ਉਸ ਦਾ ਗਵਾਂਢੀ ਈਰਖਾ ਕਰੇ ਕਿ ਕਾਸ਼! ਮੈਨੂੰ ਵੀ ਇੰਜ ਹੀ ਕੁਰਆਨ ਯਾਦ ਹੁੰਦਾ ਤਾਂ ਮੈਂ ਵੀ ਇਸੇ ਤਰ੍ਹਾਂ ਕੁਰਆਨ ਪੜ੍ਹਦਾ। ਦੂਜਾ ਉਹ ਵਿਅਕਤੀ ਜਿਸ ਨੂੰ ਅੱਲਾਹ ਨੇ ਧਨ ਬਖ਼ਸ਼ਿਆ ਹੋਵੇ ਅਤੇ ਉਸ ਨੂੰ ਚੰਗੇ ਕੰਮਾਂ ਲਈ ਖ਼ਰਚ ਕਰਦਾ ਹੋਵੇ। ਇਸ 'ਤੇ ਦੂਜਾ ਵਿਅਕਤੀ ਇਹ ਕਹਿ ਸਕਦਾ ਹੈ ਕਿ ਕਾਸ਼ ਮੈਨੂੰ ਵੀ ਅਜਿਹੀ ਦੌਲਤ ਮਿਲ ਜਾਂਦੀ ਤਾਂ ਮੈਂ ਵੀ ਉਸ ਨੂੰ ਚੰਗੇ ਕੰਮਾਂ ਵਿਚ ਖ਼ਰਚ ਕਰਦਾ (ਸਹੀ ਬੁਖ਼ਾਰੀ, ਹਦੀਸ: 5026)

ਪੱਕੀ ਹੈ ਕਿ ਇਹ ਅਜ਼ਾਬ (ਭਾਵ ਕਿਆਮਤ) ਉਹਨਾਂ ਉੱਤੇ ਅਚਾਨਕ ਬੇਖ਼ਬਰੀ ਵਿਚ ਹੀ ਆਵੇਗਾ।

يَسْتَعْجِلُونَكَ بِالْعَذَابِ وَإِنَّ جَهَنَّمَ لَمُحِيطَةٌ بِالْكَافِرِينَ ﴿٥٤﴾

54 ਇਹ (ਜ਼ਾਲਮ) ਤੈਥੋਂ ਅਜ਼ਾਬ ਲਈ ਛੇਤੀ ਕਰ ਰਹੇ ਹਨ ਜਦ ਕਿ ਨਰਕ ਨੇ ਕਾਫ਼ਿਰਾਂ ਨੂੰ ਘੇਰਿਆ ਹੋਇਆ ਹੈ।

يَوْمَ يَغْشَاهُمُ الْعَذَابُ مِنْ فَوْقِهِمْ وَمِنْ تَحْتِ أَرْجُلِهِمْ وَيَقُولُ ذُوقُوا مَا كُنْتُمْ تَعْمَلُونَ ﴿٥٥﴾

55 ਉਸ ਦਿਨ ਉਹਨਾਂ ਦੇ ਉੱਪਰੋਂ (ਅਕਾਸ਼) ਤੇ ਪੈਰਾਂ ਦੇ ਥੱਲਿਓਂ (ਧਰਤੀ 'ਚੋਂ) ਅਜ਼ਾਬ ਉਹਨਾਂ ਨੂੰ ਢਕ ਲਵੇਗਾ ਅਤੇ ਅੱਲਾਹ ਆਖੇਗਾ ਕਿ ਹੁਣ ਲਵੋ ਸਵਾਦ ਆਪਣੀਆਂ ਕਰਤੂਤਾਂ ਦਾ ਜਿਹੜੀਆਂ ਤੁਸੀਂ ਕਰਦੇ ਸੀ।

يَا عِبَادِيَ الَّذِينَ آمَنُوا إِنَّ أَرْضِي وَاسِعَةٌ فَإِيَّايَ فَاعْبُدُونِ ﴿٥٦﴾

56 (ਅੱਲਾਹ ਫ਼ਰਮਾਉਂਦਾ ਹੈ ਕਿ) ਹੇ ਮੇਰੇ ਈਮਾਨ ਵਾਲੇ ਬੰਦਿਓ! ਮੇਰੀ ਧਰਤੀ ਬਹੁਤ ਵਿਸ਼ਾਲ ਹੈ (ਜੇ ਇਹ ਕਾਫ਼ਿਰ ਤੁਹਾਨੂੰ ਤੰਗ ਕਰਦੇ ਹਨ ਤਾਂ ਇੱਥੋਂ ਨਿਕਲ ਜਾਓ), ਸੋ ਤੁਸੀਂ ਮੇਰੀ ਹੀ ਬੰਦਗੀ ਕਰੋ।[1]

كُلُّ نَفْسٍ ذَائِقَةُ الْمَوْتِ ثُمَّ إِلَيْنَا تُرْجَعُونَ ﴿٥٧﴾

57. ਹਰ ਪ੍ਰਾਣੀ ਨੇ ਮੌਤ ਦਾ ਸੁਆਦ ਚੱਖਣਾ ਹੈ, ਅੰਤ ਤੁਸੀਂ ਸਾਰੇ ਮੇਰੇ ਵੱਲ ਹੀ ਮੁੜ ਆਓਗੇ।

وَالَّذِينَ آمَنُوا وَعَمِلُوا الصَّالِحَاتِ لَنُبَوِّئَنَّهُمْ مِنَ الْجَنَّةِ غُرَفًا تَجْرِي مِنْ تَحْتِهَا الْأَنْهَارُ خَالِدِينَ فِيهَا ۚ نِعْمَ أَجْرُ الْعَامِلِينَ ﴿٥٨﴾

58 (ਤੁਹਾਡੇ ਵਿੱਚੋਂ) ਜਿਹੜੇ ਲੋਕ ਈਮਾਨ ਲਿਆਏ ਅਤੇ ਉਹਨਾਂ ਨੇ ਨੇਕ ਕੰਮ ਕੀਤੇ, ਅਸੀਂ ਉਹਨਾਂ ਨੂੰ ਜ਼ਰੂਰ ਹੀ ਜੰਨਤ ਦੀਆਂ ਉੱਚੀਆਂ ਥਾਵਾਂ ਵਿਚ ਰੱਖਾਂਗੇ, ਜਿਸ ਦੇ ਹੇਠ ਨਹਿਰਾਂ ਵਗਦੀਆਂ ਹੋਣਗੀਆਂ ਉਹ ਉਹਨਾਂ ਵਿਚ ਸਦਾ ਲਈ ਰਹਿਣਗੇ। ਭਲੇ ਕਰਮ ਕਰਨ ਵਾਲਿਆਂ ਦਾ ਬਦਲਾ ਬਹੁਤ ਹੀ ਚੰਗਾ ਹੈ।

الَّذِينَ صَبَرُوا وَعَلَىٰ رَبِّهِمْ يَتَوَكَّلُونَ ﴿٥٩﴾

59 ਜਿਹੜੇ ਲੋਕ ਸਬਰ ਤੋਂ ਕੰਮ ਲੈਂਦੇ ਹਨ, ਉਹੀ ਆਪਣੇ ਰੱਬ ਉੱਤੇ ਭਰੋਸਾ ਰੱਖਦੇ ਹਨ (ਕਿ ਸਬਰ ਦਾ ਬਦਲਾ ਮਿਲੇਗਾ)।[2]

---

[1] ਇਕ ਹਦੀਸ ਵਿਚ ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਹੇ ਮੁਆਜ਼! ਕੀ ਤੂੰ ਜਾਣਦਾ ਹੈ ਕਿ ਅੱਲਾਹ ਦਾ ਬੰਦਿਆਂ ਉੱਤੇ ਕੀ ਹੱਕ ਹੈ? ਤਾਂ ਹਜ਼ਰਤ ਮੁਆਜ਼ ਨੇ ਆਖਿਆ ਕਿ ਮੈਂ ਨਹੀਂ ਜਾਣਦਾ। ਤਾਂ ਆਪ ਨੇ ਫ਼ਰਮਾਇਆ ਕਿ ਅੱਲਾਹ ਦਾ ਹੱਕ ਬੰਦਿਆਂ ਉੱਤੇ ਇਹ ਹੈ ਕਿ ਉਹ ਕੇਵਲ ਉਸ ਦੀ ਇਬਾਦਤ ਕਰਨ ਅਤੇ ਉਸ ਦੀ ਇਬਾਦਤ ਵਿਚ ਕਿਸੇ ਨੂੰ ਸਾਂਝੀ ਨਾ ਬਣਾਉਣ। ਫੇਰ ਆਪ (ਸ.) ਨੇ ਫ਼ਰਮਾਇਆ ਕਿ ਕੀ ਤੂੰ ਜਾਣਦਾ ਹੈ ਕਿ ਬੰਦਿਆਂ ਦਾ ਹੱਕ ਅੱਲਾਹ ਉੱਤੇ ਕੀ ਹੈ? ਜਦ ਕਿ ਉਹ ਸ਼ਿਰਕ ਨਾ ਕਰਦੇ ਹੋਣ? ਉਹ ਇਹ ਹੈ ਕਿ ਅੱਲਾਹ ਉਹਨਾਂ ਨੂੰ ਅਜ਼ਾਬ ਨਾ ਦੇਵੇ। (ਸਹੀ ਬੁਖ਼ਾਰੀ, ਹਦੀਸ 6267)

[2] ਵੇਖੋ ਸੂਰਤ ਮੁਲਕ, ਹਾਸ਼ੀਆ ਆਇਤ 67/12

60. ਧਰਤੀ 'ਤੇ ਚੱਲਣ ਵਾਲੇ ਕਿੰਨੇ ਹੀ ਜੀਵ-ਜੰਤੂ ਅਜਿਹੇ ਹਨ ਜਿਹੜੇ ਆਪਣਾ ਰਿਜ਼ਕ ਆਪਣੇ ਨਾਲ ਚੁੱਕੀ ਨਹੀਂ ਫਿਰਦੇ ਅੱਲਾਹ ਉਹਨਾਂ (ਸਾਰਿਆਂ) ਨੂੰ ਵੀ ਅਤੇ ਤੁਹਾਨੂੰ ਵੀ ਰੋਜ਼ੀ ਦਿੰਦਾ ਹੈ। ਉਹ ਗਲੀ-ਬਾਤ ਸੁਣਨ ਵਾਲਾ ਤੇ ਜਾਣਨ ਵਾਲਾ ਹੈ।

وَكَأَيِّن مِّن دَابَّةٍ لَّا تَحْمِلُ رِزْقَهَا ۖ اللَّهُ
يَرْزُقُهَا وَإِيَّاكُمْ ۚ وَهُوَ السَّمِيعُ الْعَلِيمُ 60

61. ਜੇ ਤੁਸੀਂ ਉਹਨਾਂ (ਕਾਫ਼ਿਰਾਂ) ਤੋਂ ਇਹ ਪੁੱਛੋ ਕਿ ਧਰਤੀ ਤੇ ਅਕਾਸ਼ ਦਾ ਬਣਾਉਣ ਵਾਲਾ ਕੌਣ ਹੈ? ਸੂਰਜ ਤੇ ਚੰਨ ਨੂੰ ਤੁਹਾਡੀ ਸੇਵਾ ਲਈ ਕਿਸ ਨੇ ਲਗਾ ਰਖਿਆ ਹੈ? ਤਾਂ ਉਹਨਾਂ ਦਾ ਜਵਾਬ ਇਹੋ ਹੋਵੇਗਾ ਕਿ 'ਅੱਲਾਹ ਨੇ' (ਇਹ ਸਭ ਜਾਣਦੇ ਹੋਏ) ਫੇਰ ਤੁਸੀਂ ਕਿੱਧਰ ਭਟਕੇ ਫਿਰਦੇ ਹੋ।

وَلَئِن سَأَلْتَهُم مَّنْ خَلَقَ السَّمَاوَاتِ وَالْأَرْضَ
وَسَخَّرَ الشَّمْسَ وَالْقَمَرَ لَيَقُولُنَّ اللَّهُ ۖ فَأَنَّىٰ
يُؤْفَكُونَ 61

62. ਅੱਲਾਹ ਆਪਣੇ ਬੰਦਿਆਂ ਵਿੱਚੋਂ ਜਿਸ ਨੂੰ ਚਾਹੁੰਦਾ ਹੈ ਰੋਜ਼ੀ ਵਿਚ ਖੁੱਲ੍ਹ ਦਿੰਦਾ ਹੈ ਅਤੇ ਜਿਸ ਨੂੰ ਚਾਹੁੰਦਾ ਹੈ ਤੰਗ ਰੋਜ਼ੀ ਦਿੰਦਾ ਹੈ। ਬੇਸ਼ੱਕ ਅੱਲਾਹ ਹਰ ਚੀਜ਼ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

اللَّهُ يَبْسُطُ الرِّزْقَ لِمَن يَشَاءُ مِنْ عِبَادِهِ
وَيَقْدِرُ لَهُ ۚ إِنَّ اللَّهَ بِكُلِّ شَيْءٍ عَلِيمٌ 62

63. ਜੇ ਤੁਸੀਂ ਉਹਨਾਂ (ਕਾਫ਼ਿਰਾਂ) ਤੋਂ ਇਹ ਪੁੱਛੋ ਕਿ ਅਕਾਸ਼ ਤੋਂ ਪਾਣੀ ਉਤਾਰ ਕੇ ਮੋਈ ਧਰਤੀ ਨੂੰ ਮੁੜ ਜਿਊਂਦਾ (ਉਪਜਾਊ) ਕੌਣ ਕਰਦਾ ਹੈ? ਤਾਂ ਉਹ ਆਖਣਗੇ "ਅੱਲਾਹ" ਆਖੋ ਸਾਰੀ ਸ਼ੋਭਾ ਅੱਲਾਹ ਲਈ ਹੈ ਪਰੰਤੂ ਉਹਨਾਂ ਵਿੱਚੋਂ ਵਧੇਰੇ ਬੇ-ਅਕਲ ਹਨ (ਜਿਹੜੇ ਫੇਰ ਵੀ ਨਹੀਂ ਸਮਝਦੇ)।

وَلَئِن سَأَلْتَهُم مَّن نَّزَّلَ مِنَ السَّمَاءِ مَاءً فَأَحْيَا
بِهِ الْأَرْضَ مِن بَعْدِ مَوْتِهَا لَيَقُولُنَّ اللَّهُ ۚ
قُلِ الْحَمْدُ لِلَّهِ ۚ بَلْ أَكْثَرُهُمْ لَا يَعْقِلُونَ 63

64 ਇਹ ਸੰਸਾਰਿਕ ਜੀਵਨ ਇਕ ਖੇਡ ਤਮਾਸ਼ੇ ਤੋਂ ਛੁੱਟ ਹੋਰ ਕੁੱਝ ਵੀ ਨਹੀਂ। ਬੇਸ਼ੱਕ ਆਖ਼ਿਰਤ ਦਾ ਜੀਵਨ ਹੀ ਅਸਲੀ ਜੀਵਨ ਹੈ। ਕਾਸ਼! ਇਹ ਲੋਕ ਜਾਣਦੇ ਹੁੰਦੇ।[1]

وَمَا هَٰذِهِ الْحَيَاةُ الدُّنْيَا إِلَّا لَهْوٌ وَلَعِبٌ ۚ وَإِنَّ
الدَّارَ الْآخِرَةَ لَهِيَ الْحَيَوَانُ ۚ لَوْ كَانُوا يَعْلَمُونَ 64

---

[1] ਜੰਨਤ ਵਾਲਿਆਂ ਦਾ ਸਥਾਨ ਕੀ ਹੋਵੇਗਾ ਅਤੇ ਉਨ੍ਹਾਂ ਨੂੰ ਕੀ ਕੁਝ ਮਿਲੇਗਾ? ਇਕ ਹਦੀਸ ਵਿਚ ਦੱਸਿਆ ਗਿਆ ਹੈ ਕਿ ਜੰਨਤ ਵਿਚ ਦਾਖ਼ਿਲ ਹੋਣ ਵਾਲੇ ਪਹਿਲੀ ਟੋਲੀ ਦੀਆਂ ਸੂਰਤਾਂ ਚੌਦਵੀਂ ਦੇ ਚੰਨ ਵਾਂਗ ਚਮਕ ਰਹੀਆਂ ਹੋਣਗੀਆਂ। ਉਹ ਥੁੱਕ, ਸੀਂਢ, ਟੱਟੀ ਪਿਸ਼ਾਬ ਆਦਿ ਤੋਂ ਮੁਕਤ ਹੋਣਗੇ। ਉਨ੍ਹਾਂ ਦੇ ਭਾਂਡੇ ਸੋਨੇ ਦੇ ਅਤੇ ਕੰਘੀਆਂ ਚਾਂਦੀ ਦੀਆਂ ਹੋਣਗੀਆਂ। ਅੰਗੀਠੀਆਂ ਵਿਚ ਊਦ ਦੀ ਖ਼ੁਸ਼ਬੂ ਵਾਲੀ ਲਕੜੀ ਵਰਤੀ ਜਾਵੇਗੀ ਉਨ੍ਹਾਂ ਦੇ ਪਸੀਨੇ ਵਿੱਚੋਂ ਮੁਸ਼ਕ ਦੀ ਖ਼ੁਸ਼ਬੂ ਆਵੇਗੀ। ਹਰੇਕ ਦੀਆਂ ਦੋ ਦੋ ਪਤਨੀਆਂ ਹੋਣਗੀਆਂ। ਜਿਨ੍ਹਾਂ ਦੀ ਖ਼ੂਬਸੂਰਤੀ ਅਤੇ ਨਜ਼ਾਕਤ ਇੰਨੀ ਹੋਵੇਗੀ ਕਿ ਉਨ੍ਹਾਂ ਦੀ ਪਿੰਡਲੀ ਦਾ ਗੁੱਦਾ ਵੀ ਬਾਹਰੋਂ ਦਿਸਦਾ ਹੋਵੇਗਾ। ਆਪਸੀ ਵਿਰੋਧ ਅਤੇ ਮਤਭੇਦ ਤੋਂ ਪਾਕ ਹੋਣਗੇ ਸਵੇਰੇ ਸ਼ਾਮ ਅੱਲਾਹ ਦੀ ਤਸਬੀਹ ਕਰਨਗੇ (ਸਹੀ ਬੁਖ਼ਾਰੀ, ਹਦੀਸ 3245)

65. ਜਦੋਂ ਉਹ (ਮੁਸ਼ਰਿਕ ਲੋਕ) ਬੇੜੀ 'ਤੇ ਸਵਾਰ ਹੁੰਦੇ ਹਨ (ਜਦੋਂ ਤੂਫ਼ਾਨ ਵਿਚ ਫਸ ਜਾਂਦੇ ਹਨ) ਤਾਂ ਉਹ ਨਿਰੋਲ ਅੱਲਾਹ ਦੇ ਧਰਮ ਦੀ ਪਾਲਣਾ ਕਰਦੇ ਹੋਏ ਉਸ ਨੂੰ ਹੀ (ਮਦਦ ਲਈ) ਪੁਕਾਰਦੇ ਹਨ। ਫੇਰ ਜਦੋਂ ਉਹ ਉਹਨਾਂ ਨੂੰ (ਬਚਾ ਕੇ) ਥਲ ਵੱਲ ਲਿਆਉਂਦਾ ਹਾਂ ਤਾਂ ਉਹ ਸ਼ਿਰਕ ਕਰਨ ਲੱਗ ਪੈਂਦੇ ਹਨ।[1]

فَإِذَا رَكِبُوا فِي الْفُلْكِ دَعَوُا اللَّهَ مُخْلِصِينَ
لَهُ الدِّينَ فَلَمَّا نَجَّاهُمْ إِلَى الْبَرِّ إِذَا هُمْ
يُشْرِكُونَ 65

66. (ਅਸੀਂ ਉਹਨਾਂ ਨੂੰ ਇਸ ਲਈ ਬਚਾਉਂਦੇ ਹਨ) ਤਾਂ ਜੋ ਉਹ ਸਾਡੀਆਂ ਦਿੱਤੀਆਂ ਹੋਈਆਂ ਨਿਅਮਤਾਂ ਦੀ ਨਾ-ਸ਼ੁਕਰੀ ਕਰਨ ਅਤੇ ਜੀਵਨ ਦਾ ਆਨੰਦ ਲੈਂਦੇ ਰਹਿਣ, ਫੇਰ ਛੇਤੀ ਹੀ ਉਹ ਉਸ ਦਾ ਅੰਤ ਜਾਣ ਲੈਣਗੇ।

لِيَكْفُرُوا بِمَا آتَيْنَاهُمْ وَلِيَتَمَتَّعُوا
فَسَوْفَ يَعْلَمُونَ 66

67. ਕੀ ਉਹ ਨਹੀਂ ਵੇਖਦੇ ਕਿ ਅਸੀਂ ਹਰਮ (ਖ਼ਾਨਾ-ਕਾਅਬਾ) ਨੂੰ ਅਮਨ ਵਾਲੀ ਥਾਂ ਬਣਾਇਆ ਹੈ, ਜਦ ਕਿ (ਇਸ ਤੋਂ ਪਹਿਲਾਂ) ਉਸ ਦੇ ਆਲੇ-ਦੁਆਲੇ ਦੇ ਲੋਕਾਂ ਨੂੰ ਲੁੱਟ ਲਿਆ ਜਾਂਦਾ ਸੀ। ਕੀ ਉਹ ਝੂਠੀਆਂ ਗੱਲਾਂ 'ਤੇ ਈਮਾਨ ਲਿਆਉਂਦੇ ਹਨ ਅਤੇ ਅੱਲਾਹ ਦੀਆਂ ਨਿਅਮਤਾਂ ਦੀ ਨਾ-ਸ਼ੁਕਰੀ ਕਰਦੇ ਹਨ?

أَوَلَمْ يَرَوْا أَنَّا جَعَلْنَا حَرَمًا آمِنًا وَيُتَخَطَّفُ
النَّاسُ مِنْ حَوْلِهِمْ أَفَبِالْبَاطِلِ يُؤْمِنُونَ وَبِنِعْمَةِ
اللَّهِ يَكْفُرُونَ 67

68. ਉਸ ਵਿਅਕਤੀ ਤੋਂ ਵੱਡਾ ਜ਼ਾਲਮ ਕਿਹੜਾ ਹੋਵੇਗਾ ਜਿਹੜਾ ਅੱਲਾਹ 'ਤੇ ਝੂਠ ਘੜੇ। ਜਦੋਂ ਕਿ ਹੱਕ ਸੱਚ ਉਸ ਦੇ ਸਾਹਮਣੇ ਖੁੱਲ੍ਹ ਕੇ ਆ ਗਿਆ ਤਾਂ ਉਸ ਨੇ ਉਸ ਨੂੰ ਝੁਠਲਾ ਦਿੱਤਾ। ਕੀ ਅਜਿਹੇ ਕਾਫ਼ਿਰਾਂ ਦਾ ਟਿਕਾਣਾ ਨਰਕ ਨਹੀਂ ਹੋਵੇਗਾ?

وَمَنْ أَظْلَمُ مِمَّنِ افْتَرَىٰ عَلَى اللَّهِ كَذِبًا أَوْ كَذَّبَ
بِالْحَقِّ لَمَّا جَاءَهُ أَلَيْسَ فِي جَهَنَّمَ مَثْوًى
لِلْكَافِرِينَ 68

69. ਜਿਹੜੇ ਲੋਕੀ ਸਾਡੀ ਰਾਹ ਵਿਚ ਜਿਹਾਦ (ਸੰਘਰਸ਼) ਕਰਦੇ ਹਨ ਅਸੀਂ ਉਹਨਾਂ ਨੂੰ ਆਪਣੀਆਂ ਰਾਹਾਂ ਜ਼ਰੂਰ ਵਿਖਾਵਾਂਗੇ। ਬੇਸ਼ੱਕ ਅੱਲਾਹ ਨੇਕ ਕੰਮ ਕਰਨ ਵਾਲਿਆਂ ਦਾ ਸਾਥ ਦਿੰਦਾ ਹੈ।

وَالَّذِينَ جَاهَدُوا فِينَا لَنَهْدِيَنَّهُمْ سُبُلَنَا
وَإِنَّ اللَّهَ لَمَعَ الْمُحْسِنِينَ 69

---

1 ਵੇਖੋ ਸੂਰਤ ਬਨੀ ਇਸਰਾਈਲ, ਹਾਸ਼ੀਆ ਆਇਤ 67/17

30. ਸੂਰਤ ਅਰ-ਰੂਮ (ਮੱਕੀ-84)

سُوْرَةُ الرُّوْمِ

(ਆਇਤਾਂ 60, ਰੁਕੂਅ 6)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਅਲਿਫ਼, ਲਾਮ, ਮੀਮ।

الٓمّٓ ﴿1﴾

2. ਰੂਮੀ (ਈਰਾਨ) ਤੋਂ ਹਾਰ ਗਏ।

غُلِبَتِ الرُّوْمُ ﴿2﴾

3. ਨੇੜੇ ਦੀ ਧਰਤੀ (ਸ਼ਾਮ ਤੇ ਫ਼ਲਸਤੀਨ) ਵਿਚ ਉਹ (ਰੂਮੀ) ਆਪਣੀ ਇਸ ਹਾਰ ਮਗਰੋਂ ਛੇਤੀ ਹੀ (ਈਰਾਨ ਉੱਤੇ) ਜਿੱਤ ਪ੍ਰਾਪਤ ਕਰਨਗੇ।

فِيْٓ اَدْنَى الْاَرْضِ وَهُمْ مِّنْۢ بَعْدِ غَلَبِهِمْ سَيَغْلِبُوْنَ ﴿3﴾

4. ਕੁੱਝ ਕੁ ਵਰ੍ਹਿਆਂ ਵਿਚ ਹੀ ਉਹ ਜਿੱਤ ਜਾਣਗੇ। ਪਹਿਲਾਂ ਵੀ (ਜਿੱਤ-ਹਾਰ ਦਾ) ਅਧਿਕਾਰ ਅੱਲਾਹ ਦਾ ਹੀ ਸੀ ਅਤੇ ਮਗਰੋਂ ਵੀ ਅੱਲਾਹ ਦਾ ਹੀ ਹੈ। ਉਸ ਦਿਨ (ਜਦੋਂ ਰੂਮੀ ਜਿੱਤਣਗੇ) ਮੁਸਲਮਾਨ ਵੀ (ਉਹਨਾਂ ਦੀ ਜਿੱਤ ਉੱਤੇ) ਖ਼ੁਸ਼ੀਆਂ ਮਾਣਨਗੇ।

فِيْ بِضْعِ سِنِيْنَ ۬ؕ لِلّٰهِ الْاَمْرُ مِنْ قَبْلُ وَمِنْۢ بَعْدُ ؕ وَيَوْمَئِذٍ يَّفْرَحُ الْمُؤْمِنُوْنَ ﴿4﴾

5. (ਇਹ ਜਿੱਤ) ਅੱਲਾਹ ਦੀ ਮਦਦ ਨਾਲ ਹੋਵੇਗੀ, ਉਹ ਜਿਸ ਦੀ ਚਾਹਵੇ ਮਦਦ ਕਰਦਾ ਹੈ, ਉਹ ਡਾਢਾ ਜ਼ੋਰਾਵਰ ਤੇ ਮਿਹਰਬਾਨ ਹੈ।

بِنَصْرِ اللّٰهِ ؕ يَنْصُرُ مَنْ يَّشَآءُ ؕ وَهُوَ الْعَزِيْزُ الرَّحِيْمُ ﴿5﴾

6. ਇਹ ਅੱਲਾਹ ਦਾ ਵਚਨ ਹੈ (ਕਿ ਰੂਮ ਦੀ ਜਿੱਤ ਹੋਵੇਗੀ) ਅਤੇ ਅੱਲਾਹ ਕਦੇ ਵੀ ਆਪਣੇ ਵਚਨਾਂ ਦੀ ਉਲੰਘਣਾ ਨਹੀਂ ਕਰਦਾ। ਪਰ ਵਧੇਰੇ ਲੋਕ ਨਹੀਂ ਜਾਣਦੇ।

وَعْدَ اللّٰهِ ؕ لَا يُخْلِفُ اللّٰهُ وَعْدَهٗ وَلٰكِنَّ اَكْثَرَ النَّاسِ لَا يَعْلَمُوْنَ ﴿6﴾

7. ਉਹ ਲੋਕ ਤਾਂ ਕੇਵਲ ਸੰਸਾਰਿਕ ਜੀਵਨ ਦੇ ਦਿਸਦੇ ਪੱਖ ਨੂੰ ਹੀ ਜਾਣਦੇ ਹਨ ਅਤੇ ਪਰਲੋਕ ਤੋਂ ਤਾਂ ਉੱਕਾ ਹੀ ਬੇਖ਼ਬਰ ਹਨ।

يَعْلَمُوْنَ ظَاهِرًا مِّنَ الْحَيٰوةِ الدُّنْيَا ۚ وَهُمْ عَنِ الْاٰخِرَةِ هُمْ غٰفِلُوْنَ ﴿7﴾

8. ਕੀ ਉਹਨਾਂ (ਬੇਖ਼ਬਰ) ਲੋਕਾਂ ਨੇ ਆਪਣੇ ਮਨਾਂ 'ਚ ਸੋਚ ਵਿਚਾਰ ਨਹੀਂ ਕੀਤਾ ਕਿ ਅੱਲਾਹ ਨੇ ਅਕਾਸ਼ਾਂ ਤੇ ਧਰਤੀ ਨੂੰ ਅਤੇ ਉਹਨਾਂ ਦੇ ਵਿਚਾਲੇ ਦੀਆਂ ਸਾਰੀਆਂ ਚੀਜ਼ਾਂ ਨੂੰ ਹੱਕ-ਸੱਚ ਨਾਲ ਤੇ ਇਕ ਮਿਥੇ ਹੋਏ ਸਮੇਂ ਲਈ ਪੈਦਾ ਕੀਤਾ ਹੈ? ਅਤੇ ਨਿਰਸੰਦੇਹ, ਬਥੇਰੇ ਲੋਕ ਆਪਣੇ ਰੱਬ ਦੀ ਮਿਲਣੀ (ਕਿਆਮਤ) ਤੋਂ ਹੀ ਇਨਕਾਰ ਕਰਦੇ ਹਨ।

أَوَلَمْ يَتَفَكَّرُوا فِي أَنفُسِهِم ۗ مَّا خَلَقَ اللَّهُ السَّمَاوَاتِ وَالْأَرْضَ وَمَا بَيْنَهُمَا إِلَّا بِالْحَقِّ وَأَجَلٍ مُّسَمًّى ۗ وَإِنَّ كَثِيرًا مِّنَ النَّاسِ بِلِقَاءِ رَبِّهِمْ لَكَافِرُونَ (٨)

9. ਕੀ ਉਹ (ਇਨਕਾਰੀ) ਧਰਤੀ 'ਤੇ ਤੁਰੇ ਫਿਰੇ ਨਹੀਂ? ਫੇਰ ਉਹ ਵੇਖਦੇ ਕਿ ਉਹਨਾਂ ਤੋਂ ਪਹਿਲਾਂ ਬੀਤ ਚੁੱਕੇ ਲੋਕਾਂ ਦਾ ਕਿਹੋ ਜਿਹਾ ਅੰਤ ਹੋਇਆ ਸੀ? ਉਹ ਉਹਨਾਂ ਨਾਲੋਂ ਵਧੇਰੇ ਸ਼ਕਤੀਸ਼ਾਲੀ ਸਨ ਅਤੇ ਉਹਨਾਂ ਨੇ ਧਰਤੀ ਨੂੰ ਇਹਨਾਂ ਤੋਂ ਵੱਧ ਵਾਹਿਆ-ਬੀਜਿਆ ਸੀ ਅਤੇ ਇਸ ਨੂੰ ਆਬਾਦ ਕੀਤਾ ਸੀ ਜਿੰਨਾ ਇਹਨਾਂ ਨੇ (ਅਰਬ ਨੂੰ) ਆਬਾਦ ਕੀਤਾ ਹੈ। ਉਹਨਾਂ ਕੋਲ ਵੀ ਉਹਨਾਂ ਦੇ ਪੈਗ਼ੰਬਰ ਖੁੱਲ੍ਹੀਆਂ ਨਿਸ਼ਾਨੀਆਂ (ਰਸੂਲ ਹੋਣ ਦੀਆਂ) ਲੈ ਕੇ ਆਏ ਸੀ (ਪਰ ਉਹਨਾਂ ਨੇ ਰਸੂਲਾਂ ਦਾ ਇਨਕਾਰ ਕੀਤਾ)। ਫੇਰ ਇੰਜ ਵੀ ਨਹੀਂ ਸੀ ਕਿ ਅੱਲਾਹ (ਬਿਨਾ ਪਾਪ ਕੀਤੇ) ਉਹਨਾਂ ਉੱਤੇ ਜ਼ੁਲਮ ਕਰਦਾ ਜਦ ਕਿ ਉਹ ਆਪਣੇ ਉੱਤੇ ਆਪ ਹੀ ਜ਼ੁਲਮ ਕਰਦੇ ਸਨ।

أَوَلَمْ يَسِيرُوا فِي الْأَرْضِ فَيَنظُرُوا كَيْفَ كَانَ عَاقِبَةُ الَّذِينَ مِن قَبْلِهِمْ ۚ كَانُوا أَشَدَّ مِنْهُمْ قُوَّةً وَأَثَارُوا الْأَرْضَ وَعَمَرُوهَا أَكْثَرَ مِمَّا عَمَرُوهَا وَجَاءَتْهُمْ رُسُلُهُم بِالْبَيِّنَاتِ ۖ فَمَا كَانَ اللَّهُ لِيَظْلِمَهُمْ وَلَٰكِن كَانُوا أَنفُسَهُمْ يَظْلِمُونَ (٩)

10. ਫੇਰ ਜਿਨ੍ਹਾਂ ਲੋਕਾਂ ਨੇ ਭੈੜੇ ਕੰਮ ਕੀਤੇ ਸੀ ਉਹਨਾਂ ਦਾ ਅੰਤ ਬਹੁਤ ਹੀ ਭੈੜਾ ਹੋਇਆ ਕਿਉਂ ਜੋ ਉਹ ਅੱਲਾਹ ਦੀਆਂ ਆਇਤਾਂ (ਹੁਕਮਾਂ) ਦਾ ਇਨਕਾਰ ਕਰਦੇ ਸਨ ਅਤੇ ਉਹਨਾਂ ਦਾ ਮਖੌਲ (ਵੀ) ਉਡਾਇਆ ਕਰਦੇ ਸਨ।

ثُمَّ كَانَ عَاقِبَةَ الَّذِينَ أَسَاءُوا السُّوأَىٰ أَن كَذَّبُوا بِآيَاتِ اللَّهِ وَكَانُوا بِهَا يَسْتَهْزِئُونَ (١٠)

11. (ਯਾਦ ਰੱਖੋ ਕਿ) ਅੱਲਾਹ ਹੀ ਸਾਰੀ ਸ੍ਰਿਸ਼ਟੀ ਨੂੰ ਪਹਿਲੀ ਵਾਰ ਪੈਦਾ ਕਰਦਾ ਹੈ, ਫੇਰ ਉਹੀਓ ਉਸ ਨੂੰ

اللَّهُ يَبْدَأُ الْخَلْقَ ثُمَّ يُعِيدُهُ ثُمَّ إِلَيْهِ تُرْجَعُونَ (١١)

ਮੁੜ ਪੈਦਾ ਕਰੇਗਾ, ਫੇਰ ਉਸੇ ਵੱਲ ਤੁਹਾਨੂੰ ਪਰਤਾਇਆ ਜਾਵੇਗਾ।

12. ਜਿਸ ਦਿਨ ਕਿਆਮਤ ਕਾਇਮ ਹੋਵੇਗੀ ਤਾਂ ਉਸ ਦਿਨ ਅਪਰਾਧੀ ਸਖ਼ਤ ਨਿਰਾਸ਼ ਹੋਣਗੇ।

وَيَوْمَ تَقُومُ السَّاعَةُ يُبْلِسُ الْمُجْرِمُونَ ⑫

13 ਅਤੇ ਉਹਨਾਂ ਦੇ ਸ਼ਰੀਕਾਂ (ਇਸ਼ਟਾਂ) ਵਿੱਚੋਂ ਇਕ ਵੀ ਉਹਨਾਂ ਦਾ ਸਿਫ਼ਾਰਸ਼ੀ ਨਹੀਂ ਬਣੇਗਾ ਅਤੇ ਉਹ ਆਪਣੇ ਸ਼ਰੀਕਾਂ (ਇਸ਼ਟਾਂ) ਤੋਂ (ਆਪ ਵੀ) ਇਨਕਾਰੀ ਹੋ ਜਾਣਗੇ।

وَلَمْ يَكُن لَّهُم مِّن شُرَكَائِهِمْ شُفَعَاءُ وَكَانُوا
بِشُرَكَائِهِمْ كَافِرِينَ ⑬

14 ਅਤੇ ਜਦੋਂ ਕਿਆਮਤ ਦਾ ਵੇਲਾ ਆਵੇਗਾ ਉਸ ਦਿਨ ਲੋਕੀ (ਮੋਮਿਨ ਤੇ ਕਾਫ਼ਿਰ) ਵੱਖਰੇ ਵੱਖਰੇ ਹੋ ਜਾਣਗੇ।

وَيَوْمَ تَقُومُ السَّاعَةُ يَوْمَئِذٍ يَتَفَرَّقُونَ ⑭

15 ਫੇਰ ਜਿਹੜੇ ਲੋਕ ਈਮਾਨ ਲਿਆਏ ਤੇ ਉਹਨਾਂ ਨੇ ਨੇਕ ਕੰਮ ਵੀ ਕੀਤੇ, ਉਹ ਜੰਨਤ ਵਿਚ ਹੱਸਦੇ ਖ਼ੁਸਦੇ ਰੱਖੇ ਜਾਣਗੇ।

فَأَمَّا الَّذِينَ آمَنُوا وَعَمِلُوا الصَّالِحَاتِ فَهُمْ
فِي رَوْضَةٍ يُحْبَرُونَ ⑮

16 ਜਿਨ੍ਹਾਂ ਲੋਕਾਂ ਨੇ (ਅੱਲਾਹ ਦਾ) ਇਨਕਾਰ ਕੀਤਾ ਹੈ ਅਤੇ ਸਾਡੀਆਂ ਆਇਤਾਂ (ਨਿਸ਼ਾਨੀਆਂ) ਤੇ ਪਰਲੋਕ ਦੀ ਮਿਲਣੀ ਨੂੰ ਝੁਠਲਾਇਆ ਹੈ, ਉਹ ਸਾਰੇ ਲੋਕ (ਨਰਕ ਦੇ) ਅਜ਼ਾਬ ਵਿਚ ਹਾਜ਼ਰ ਰੱਖੇ ਜਾਣਗੇ।

وَأَمَّا الَّذِينَ كَفَرُوا وَكَذَّبُوا بِآيَاتِنَا وَلِقَاءِ
الْآخِرَةِ فَأُولَٰئِكَ فِي الْعَذَابِ مُحْضَرُونَ ⑯

17 ਸੋ (ਹੇ ਮੋਮਿਨੋ!) ਤੁਸੀਂ ਅੱਲਾਹ ਦੀ ਪਾਕੀ ਦਾ ਗੁਣਗਾਣ ਕਰੋ ਜਦੋਂ ਤੁਹਾਡੀ ਸ਼ਾਮ ਹੋਵੇ ਅਤੇ ਜਦੋਂ ਸਵੇਰ ਹੋਵੇ।

فَسُبْحَانَ اللَّهِ حِينَ تُمْسُونَ وَحِينَ
تُصْبِحُونَ ⑰

18. ਅਕਾਸ਼ ਤੇ ਧਰਤੀ ਵਿਚ ਉਸੇ ਦੀ ਉਸਤਤ ਹੋ ਰਹੀ ਹੈ, ਸੋ ਤੁਸੀਂ ਵੀ ਉਸੇ ਦੀ ਤਸਬੀਹ ਤੀਜੇ ਪਹਿਰ ਤੇ ਜ਼ੋਹਰ ਵੇਲੇ (ਦੁਪਹਿਰ ਵੇਲੇ) ਕਰਿਆ ਕਰੋ।

وَلَهُ الْحَمْدُ فِي السَّمَاوَاتِ وَالْأَرْضِ وَعَشِيًّا
وَحِينَ تُظْهِرُونَ ⑱

19. ਉਹੀਓ ਜਿਊਂਦਿਆਂ ਨੂੰ ਮੁਰਦਿਆਂ ਵਿੱਚੋਂ ਅਤੇ ਮੁਰਦਿਆਂ ਨੂੰ ਜਿਊਂਦਿਆਂ ਵਿੱਚੋਂ ਕੱਢਦਾ ਹੈ ਅਤੇ ਉਹੀਓ ਧਰਤੀ ਨੂੰ ਉਸ ਦੀ ਮੌਤ (ਬੰਜਰ) ਹੋਣ

يُخْرِجُ الْحَيَّ مِنَ الْمَيِّتِ وَيُخْرِجُ الْمَيِّتَ مِنَ الْحَيِّ
وَيُحْيِي الْأَرْضَ بَعْدَ مَوْتِهَا ۚ وَكَذَٰلِكَ
تُخْرَجُونَ ⑲

ਮਗਰੋਂ ਜਿਊਂਦਾ (ਉਪਜਾਊ) ਕਰਦਾ ਹੈ। ਇਸੇ ਪ੍ਰਕਾਰ ਤੁਸੀਂ ਵੀ (ਕਬਰਾਂ ਵਿੱਚੋਂ) ਕੱਢੇ ਜਾਵੋਗੇ।

20. ਇਹ ਉਸ (ਅੱਲਾਹ) ਦੀਆਂ ਨਿਸ਼ਾਨੀਆਂ ਵਿੱਚੋਂ ਹੈ ਕਿ ਉਸ ਨੇ ਤੁਹਾਨੂੰ ਮਿੱਟੀ ਤੋਂ ਪੈਦਾ ਕੀਤਾ, ਫੇਰ ਹੁਣ ਤੁਸੀਂ ਮਨੁੱਖ ਹੋ ਜਿਹੜੇ ਹਰ ਪਾਸੇ ਫੈਲ ਰਹੇ ਹੋ।

وَمِنْ آيَاتِهِ أَنْ خَلَقَكُمْ مِنْ تُرَابٍ ثُمَّ إِذَا
أَنْتُمْ بَشَرٌ تَنْتَشِرُونَ 20

21 ਉਸੇ ਦੀ ਨਿਸ਼ਾਨੀਆਂ ਵਿੱਚੋਂ (ਇਹ ਵੀ) ਹੈ ਕਿ ਉਸ ਨੇ ਤੁਹਾਡੇ ਤੋਂ ਹੀ (ਤੁਹਾਡੀਆਂ) ਪਤਨੀਆਂ ਪੈਦਾ ਕੀਤੀਆਂ ਤਾਂ ਜੋ ਤੁਸੀਂ ਉਹਨਾਂ ਕੋਲੋਂ ਸੁਖ ਸ਼ਾਂਤੀ ਪ੍ਰਾਪਤ ਕਰ ਸਕੋ। ਉਸ ਨੇ ਤੁਹਾਡੇ ਵਿਚਾਲੇ ਮੁਹੱਬਤ ਤੇ ਹਮਦਰਦੀ ਪੈਦਾ ਕਰ ਦਿੱਤੀ। ਜਿਹੜੇ ਲੋਕੀ ਸੋਚ ਵਿਚਾਰ ਕਰਨ ਵਾਲੇ ਹਨ ਉਹਨਾਂ ਲਈ ਇਸ ਵਿਚ ਮਹੱਤਵਪੂਰਣ ਨਿਸ਼ਾਨੀਆਂ ਹਨ।

وَمِنْ آيَاتِهِ أَنْ خَلَقَ لَكُمْ مِنْ أَنْفُسِكُمْ أَزْوَاجًا
لِتَسْكُنُوا إِلَيْهَا وَجَعَلَ بَيْنَكُمْ مَوَدَّةً وَرَحْمَةً ۚ
إِنَّ فِي ذَٰلِكَ لَآيَاتٍ لِقَوْمٍ يَتَفَكَّرُونَ 21

22. ਉਸ ਦੀਆਂ ਨਿਸ਼ਾਨੀਆਂ ਵਿੱਚੋਂ ਅਕਾਸ਼ ਤੇ ਧਰਤੀ ਦੀ ਰਚਨਾ ਅਤੇ ਤੁਹਾਡੀਆਂ ਬੋਲੀਆਂ ਤੇ ਰੰਗਾਂ ਦਾ ਵੱਖ ਵੱਖ ਹੋਣਾ ਵੀ ਹੈ। ਜਾਣਕਾਰਾਂ ਲਈ ਇਸ ਵਿਚ ਬਥੇਰੀਆਂ ਨਿਸ਼ਾਨੀਆਂ ਹਨ।

وَمِنْ آيَاتِهِ خَلْقُ السَّمَاوَاتِ وَالْأَرْضِ وَاخْتِلَافُ
أَلْسِنَتِكُمْ وَأَلْوَانِكُمْ ۚ إِنَّ فِي ذَٰلِكَ لَآيَاتٍ
لِلْعَالِمِينَ 22

23. ਤੁਹਾਡਾ ਰਾਤ ਤੇ ਦਿਨ ਵੇਲੇ ਸੌਣਾ ਅਤੇ ਉਸ ਦੇ ਫ਼ਜ਼ਲਾਂ (ਰੋਜ਼ੀ) ਦੀ ਭਾਲ ਕਰਨਾ ਵੀ ਉਸ ਦੀਆਂ ਨਿਸ਼ਾਨੀਆਂ ਵਿੱਚੋਂ ਹੈ। ਜਿਹੜੇ ਲੋਕੀ (ਧਿਆਨ ਨਾਲ) ਸੁਣਦੇ ਹਨ ਉਹਨਾਂ ਲਈ ਵੀ ਬਥੇਰੀਆਂ ਨਿਸ਼ਾਨੀਆਂ ਹਨ।

وَمِنْ آيَاتِهِ مَنَامُكُمْ بِاللَّيْلِ وَالنَّهَارِ وَابْتِغَاؤُكُمْ
مِنْ فَضْلِهِ ۚ إِنَّ فِي ذَٰلِكَ لَآيَاتٍ لِقَوْمٍ يَسْمَعُونَ 23

24. ਇਹ ਵੀ ਉਸ ਦੀਆਂ ਨਿਸ਼ਾਨੀਆਂ ਵਿੱਚੋਂ ਹੀ ਹੈ ਕਿ ਉਹ ਤੁਹਾਨੂੰ ਡਰਾਉਣ ਲਈ ਅਤੇ ਆਸਵੰਦ ਕਰਨ ਲਈ ਬਿਜਲੀ ਦੀ ਲਿਸ਼ਕ ਵਿਖਾਉਂਦਾ ਹੈ ਅਤੇ ਅਕਾਸ਼ ਤੋਂ ਮੀਂਹ ਵਰ੍ਹਾਉਂਦਾ ਹੈ, ਜਿਸ ਤੋਂ ਮਰੀ ਹੋਈ ਧਰਤੀ ਜਿਊਂਦੀ ਹੋ ਜਾਂਦੀ ਹੈ। ਅਕਲ ਵਾਲਿਆਂ ਲਈ ਇਸ ਵਿਚ ਵੀ ਬਥੇਰੀਆਂ ਨਿਸ਼ਾਨੀਆਂ ਹਨ।

وَمِنْ آيَاتِهِ يُرِيكُمُ الْبَرْقَ خَوْفًا وَطَمَعًا وَيُنَزِّلُ
مِنَ السَّمَاءِ مَاءً فَيُحْيِي بِهِ الْأَرْضَ بَعْدَ مَوْتِهَا ۚ
إِنَّ فِي ذَٰلِكَ لَآيَاتٍ لِقَوْمٍ يَعْقِلُونَ 24

25. ਉਸੇ (ਰੱਬ) ਦੀ ਇਕ ਨਿਸ਼ਾਨੀ ਇਹ ਵੀ ਹੈ ਕਿ ਅਕਾਸ਼ ਤੇ ਧਰਤੀ ਉਸੇ ਦੇ ਹੁਕਮ ਨਾਲ ਕਾਇਮ ਹਨ। ਜਦੋਂ ਉਹ ਤੁਹਾਨੂੰ ਧਰਤੀ (ਕਬਰਾਂ) ਵਿੱਚੋਂ ਸੱਦੇਗਾ ਫੇਰ ਤੁਸੀਂ ਸਾਰੇ ਧਰਤੀ ਵਿੱਚੋਂ ਕੇਵਲ ਇਕ ਸੱਦੇ 'ਤੇ ਹੀ ਬਾਹਰ ਨਿੱਕਲ ਆਵੋਗੇ।

وَمِنْ اٰيٰتِهٖٓ اَنْ تَقُوْمَ السَّمَآءُ وَالْاَرْضُ بِاَمْرِهٖ ۚ ثُمَّ اِذَا دَعَاكُمْ دَعْوَةً ۖ مِّنَ الْاَرْضِ ۖ اِذَآ اَنْتُمْ تَخْرُجُوْنَ ﴿25﴾

26. ਜੋ ਕੁੱਝ ਵੀ ਅਕਾਸ਼ਾਂ ਤੇ ਧਰਤੀ ਵਿਚ ਹੈ ਉਹ ਸਭ ਉਸ ਦੀ ਮਲਕੀਅਤ ਹੈ ਅਤੇ ਸਾਰੇ ਉਸੇ ਦੇ ਆਗਿਆਕਾਰੀ ਹਨ।

وَلَهٗ مَنْ فِي السَّمٰوٰتِ وَالْاَرْضِ ۗ كُلٌّ لَّهٗ قٰنِتُوْنَ ﴿26﴾

27. ਉਹੀ (ਅੱਲਾਹ) ਹੈ ਜਿਹੜਾ ਸ੍ਰਿਸ਼ਟੀ ਨੂੰ ਪਹਿਲੀ ਵਾਰ ਪੈਦਾ ਕਰਦਾ ਹੈ ਉਹੀਓ ਫੇਰ ਉਸ ਨੂੰ ਮੁੜ ਪੈਦਾ ਕਰੇਗਾ ਅਤੇ ਇਹ ਕਰਨਾ ਉਸ ਲਈ ਤਾਂ ਇਹ ਬਹੁਤ ਹੀ ਸੌਖਾ ਹੈ ਅਕਾਸ਼ਾਂ ਤੇ ਧਰਤੀ ਵਿਚ ਉਸੇ (ਰੱਬ) ਦੀ ਸ਼ਾਨ ਸਭ ਤੋਂ ਉੱਚੀ ਹੈ ਅਤੇ ਉਹੀ ਜ਼ਬਰਦਸਤ ਤੇ ਹਿਕਮਤਾਂ ਵਾਲਾ ਹੈ।

وَهُوَ الَّذِيْ يَبْدَؤُا الْخَلْقَ ثُمَّ يُعِيْدُهٗ وَهُوَ اَهْوَنُ عَلَيْهِ ۗ وَلَهُ الْمَثَلُ الْاَعْلٰى فِي السَّمٰوٰتِ وَالْاَرْضِ ۚ وَهُوَ الْعَزِيْزُ الْحَكِيْمُ ﴿27﴾

28. (ਹੇ ਲੋਕੋ!) ਉਸ ਨੇ ਤੁਹਾਡੇ (ਸਮਝਾਉਣ) ਲਈ ਤੁਹਾਡੇ ਵਿੱਚੋਂ ਹੀ ਇਕ ਉਦਾਹਰਨ ਦਿੱਤੀ ਹੈ ਕਿ ਜੋ ਅਸੀਂ ਤੁਹਾਨੂੰ ਰਿਜ਼ਕ ਦਿੱਤਾ ਹੈ, ਕੀ ਉਸ ਵਿਚ ਤੁਹਾਡੇ ਗ਼ੁਲਾਮਾਂ (ਅਧੀਨ ਲੋਕਾਂ) ਵਿੱਚੋਂ ਵੀ ਕੋਈ ਸਾਂਝੀ ਹੋ ਸਕਦਾ ਹੈ? ਕੀ ਤੁਸੀਂ ਅਤੇ ਉਹ ਇਕੋ ਬਰਾਬਰ ਹੋ? ਕੀ ਤੁਸੀਂ (ਆਪਣੇ ਮਾਲ 'ਚੋਂ ਖ਼ਰਚ ਕਰਦੇ ਹੋਏ) ਉਹਨਾਂ ਤੋਂ ਇਸ ਤਰ੍ਹਾਂ ਡਰਦੇ ਹੋ ਜਿਵੇਂ ਆਪਣੇ ਸਾਂਝੀਆਂ ਤੋਂ ਡਰਦੇ ਹੋ? ਇਸ ਤਰ੍ਹਾਂ ਅਸੀਂ ਸਮਝ ਰੱਖਣ ਵਾਲਿਆਂ ਲਈ ਆਪਣੀਆਂ ਨਿਸ਼ਾਨੀਆਂ ਖੋਲ੍ਹ-ਖੋਲ੍ਹ ਕੇ ਬਿਆਨ ਕਰਦੇ ਹਾਂ।

ضَرَبَ لَكُمْ مَّثَلًا مِّنْ اَنْفُسِكُمْ ۗ هَلْ لَّكُمْ مِّنْ مَّا مَلَكَتْ اَيْمَانُكُمْ مِّنْ شُرَكَآءَ فِيْ مَا رَزَقْنٰكُمْ فَاَنْتُمْ فِيْهِ سَوَآءٌ تَخَافُوْنَهُمْ كَخِيْفَتِكُمْ اَنْفُسَكُمْ ۗ كَذٰلِكَ نُفَصِّلُ الْاٰيٰتِ لِقَوْمٍ يَّعْقِلُوْنَ ﴿28﴾

29. ਪਰ ਇਹ ਜ਼ਾਲਮ ਬਿਨਾਂ ਸੋਚੇ ਸਮਝੇ ਆਪਣੀਆਂ ਇੱਛਾਵਾਂ ਦੇ ਪਿੱਛੇ ਲੱਗੇ ਰਹੇ। ਜਿਸਨੂੰ ਅੱਲਾਹ ਹੀ ਕੁਰਾਹੇ ਪਾ ਦੇਵੇ ਫੇਰ ਉਸ ਨੂੰ ਰਾਹ ਕੌਣ ਵਿਖਾ

بَلِ اتَّبَعَ الَّذِيْنَ ظَلَمُوْٓا اَهْوَآءَهُمْ بِغَيْرِ عِلْمٍ ۚ فَمَنْ يَّهْدِيْ مَنْ اَضَلَّ اللّٰهُ ۗ وَمَا لَهُمْ مِّنْ نّٰصِرِيْنَ ﴿29﴾

ਸਕਦਾ ਹੈ? ਉਹਨਾਂ ਦਾ ਤਾਂ ਕੋਈ ਵੀ ਸਹਾਈ ਨਹੀਂ ਹੋਵੇਗਾ।

30. (ਹੇ ਨਬੀ!) ਤੁਸੀਂ ਇਕਾਗਰਤਾ ਨਾਲ ਆਪਣਾ ਮੂੰਹ (ਅੱਲਾਹ ਦੇ) ਦੀਨ ਇਸਲਾਮ ਵੱਲ ਸਿੱਧਾ ਰੱਖੋ। ਕਾਇਮ ਹੋ ਜਾਓ ਉਸ ਫ਼ਿਤਰਤ (ਸੁਭਾਓ) ਉੱਤੇ ਜਿਸ ਉੱਤੇ ਅੱਲਾਹ ਨੇ ਮਨੁੱਖ ਨੂੰ ਪੈਦਾ ਕੀਤਾ ਹੈ। (ਭਾਵ ਮੁਸਲਮਾਨ ਹੀ ਪੈਦਾ ਕੀਤਾ ਹੈ) ਅੱਲਾਹ ਦੀ ਬਣਾਈ ਹੋਈ ਬਣਤਰ ਨੂੰ ਬਦਲਿਆ ਨਹੀਂ ਜਾ ਸਕਦਾ। ਇਹੋ ਸਿੱਧਾ ਤੇ ਸੱਚਾ ਧਰਮ (ਦੀਨ) ਹੈ, ਪਰ ਵਧੇਰੇ ਲੋਕ ਨਹੀਂ ਜਾਣਦੇ।[1]

فَأَقِمْ وَجْهَكَ لِلدِّينِ حَنِيفًا فِطْرَتَ اللَّهِ الَّتِي فَطَرَ النَّاسَ عَلَيْهَا لَا تَبْدِيلَ لِخَلْقِ اللَّهِ ذَٰلِكَ الدِّينُ الْقَيِّمُ وَلَٰكِنَّ أَكْثَرَ النَّاسِ لَا يَعْلَمُونَ 30

31. (ਹੇ ਲੋਕੋ!) ਉਸੇ (ਅੱਲਾਹ) ਵੱਲ ਝੁਕਦੇ ਹੋਏ ਦੀਨ 'ਤੇ ਕਾਇਮ ਰਹੋ ਅਤੇ ਤੁਸੀਂ ਉਸੇ ਤੋਂ ਡਰਦੇ ਰਹੋ ਅਤੇ ਨਮਾਜ਼ ਕਾਇਮ ਰੱਖੋ ਅਤੇ ਤੁਸੀਂ ਮੁਸ਼ਰਿਕਾਂ ਵਿੱਚੋਂ ਨਾ ਹੋ ਜਾਓ।

مُنِيبِينَ إِلَيْهِ وَاتَّقُوهُ وَأَقِيمُوا الصَّلَاةَ وَلَا تَكُونُوا مِنَ الْمُشْرِكِينَ 31

32. (ਉਹਨਾਂ ਵਰਗੇ ਵੀ ਨਾ ਹੋ ਜਾਓ) ਜਿਨ੍ਹਾਂ ਨੇ ਆਪਣੇ ਧਰਮ ਨੂੰ ਟੋਟੇ-ਟੋਟੇ ਕਰ ਛੱਡਿਆ ਅਤੇ ਧੜ੍ਹਿਆਂ ਵਿਚ ਵੰਡੇ ਗਏ, ਹਰੇਕ ਧੜੇ ਕੋਲ ਜੋ ਹੈ ਉਹ ਉਸੇ ਵਿਚ ਮਸਤ ਹੈ।

مِنَ الَّذِينَ فَرَّقُوا دِينَهُمْ وَكَانُوا شِيَعًا كُلُّ حِزْبٍ بِمَا لَدَيْهِمْ فَرِحُونَ 32

33. ਜਦੋਂ ਲੋਕਾਂ 'ਤੇ ਕੋਈ ਬਿਪਤਾ ਆਉਂਦੀ ਹੈ ਤਾਂ ਉਹ (ਮਦਦ ਲਈ) ਆਪਣੇ ਰੱਬ ਵੱਲ ਮੁੜ ਆਉਂਦੇ ਹਨ ਤੇ ਉਸੇ ਤੋਂ ਦੁਆਵਾਂ ਮੰਗਦੇ ਹਨ ਫੇਰ ਜਦੋਂ ਉਹ ਆਪਣੇ ਵੱਲੋਂ ਉਹਨਾਂ ਨੂੰ ਆਪਣੀਆਂ ਮਿਹਰਾਂ ਦਾ ਸੁਆਦ ਚਖਾਉਂਦਾ ਹੈ (ਭਾਵ ਬਿਪਤਾ ਦੂਰ ਕਰ ਦਿੰਦਾ ਹੈ)। ਤਾਂ ਉਹਨਾਂ ਵਿੱਚੋਂ ਕਈ ਲੋਕ ਆਪਣੇ ਰੱਬ ਨਾਲ ਸ਼ਿਰਕ ਕਰਨ ਲੱਗ ਜਾਂਦੇ।

وَإِذَا مَسَّ النَّاسَ ضُرٌّ دَعَوْا رَبَّهُمْ مُنِيبِينَ إِلَيْهِ ثُمَّ إِذَا أَذَاقَهُمْ مِنْهُ رَحْمَةً إِذَا فَرِيقٌ مِنْهُمْ بِرَبِّهِمْ يُشْرِكُونَ 33

---

[1] ਵੇਖੋ ਸੂਰਤ ਯੂਨਸ, ਹਾਸ਼ੀਆ-ਆਇਤ 19/10

34. (ਇਹ ਅਸੀਂ ਇਸ ਲਈ ਕਰਦੇ ਹਾਂ) ਤਾਂ ਜੋ ਉਹ ਉਸ ਚੀਜ਼ (ਨਿਅਮਤ) ਦੀ ਨਾ-ਸ਼ੁਕਰੀ ਕਰਨ ਲਗ ਜਾਣ ਜੋ ਅਸੀਂ ਉਹਨਾਂ ਨੂੰ ਬਖ਼ਸ਼ੀ ਹੈ। (ਚੰਗਾ) ਤੁਸੀਂ ਮੌਜਾਂ ਮਾਣ ਲਓ, ਛੇਤੀ ਹੀ ਤੁਹਾਨੂੰ ਪਤਾ ਲੱਗ ਜਾਵੇਗਾ (ਕਿ ਹਕੀਕਤ ਕੀ ਹੈ?)।

لِيَكْفُرُوا بِمَا آتَيْنَاهُمْ ۚ فَتَمَتَّعُوا فَسَوْفَ
تَعْلَمُونَ ﴿٣٤﴾

35. ਕੀ ਅਸੀਂ ਉਹਨਾਂ 'ਤੇ ਕੋਈ ਅਜਿਹੀ ਦਲੀਲ ਉਤਾਰੀ ਹੈ ਕਿ ਉਹ ਉਹਨਾਂ ਦੇ ਸ਼ਿਰਕ ਨੂੰ ਜਾਇਜ਼ ਕਰਦੀ ਹੋਵੇ।

أَمْ أَنزَلْنَا عَلَيْهِمْ سُلْطَانًا فَهُوَ يَتَكَلَّمُ
بِمَا كَانُوا بِهِ يُشْرِكُونَ ﴿٣٥﴾

36. ਜਦੋਂ ਅਸੀਂ ਲੋਕਾਂ ਨੂੰ ਆਪਣੀਆਂ ਮਿਹਰਾਂ ਦਾ ਸੁਆਦ ਚਖਾਉਂਦੇ ਹਾਂ ਤਾਂ ਉਹ ਖ਼ੁਸ਼ ਹੋ ਜਾਂਦੇ ਹਨ ਅਤੇ ਜਦੋਂ ਉਹਨਾਂ ਦੇ ਆਪਣੇ ਹੱਥੀਂ ਅੱਗੇ ਭੇਜੀਆਂ ਹੋਈਆਂ ਕਰਤੂਤਾਂ ਕਾਰਨ ਕੋਈ ਮੁਸੀਬਤ ਆ ਜਾਵੇ ਤਾਂ ਝੱਟ (ਰੱਬ ਦੀਆਂ ਮਿਹਰਾਂ ਤੋਂ) ਬੇ ਆਸ ਹੋ ਜਾਂਦੇ ਹਨ।

وَإِذَا أَذَقْنَا النَّاسَ رَحْمَةً فَرِحُوا بِهَا ۖ وَإِن
تُصِبْهُمْ سَيِّئَةٌ بِمَا قَدَّمَتْ أَيْدِيهِمْ إِذَا هُمْ
يَقْنَطُونَ ﴿٣٦﴾

37. ਕੀ ਉਹਨਾਂ ਨੇ ਨਹੀਂ ਵੇਖਿਆ ਕਿ ਬੇਸ਼ੱਕ ਅੱਲਾਹ ਜਿਸ ਨੂੰ ਚਾਹੇ ਰੋਜ਼ੀ ਵਿਚ ਫ਼ਰਾਖ਼ੀ (ਖੁੱਲ੍ਹ) ਜਾਂ ਤੰਗੀ ਦਿੰਦਾ ਹੈ? ਇਸ ਵਿਚ ਉਹਨਾਂ ਲੋਕਾਂ ਲਈ ਅਨੇਕਾਂ ਨਿਸ਼ਾਨੀਆਂ ਹਨ ਜਿਹੜੇ ਈਮਾਨ ਰੱਖਦੇ ਹਨ।

أَوَلَمْ يَرَوْا أَنَّ اللَّهَ يَبْسُطُ الرِّزْقَ لِمَن يَشَاءُ
وَيَقْدِرُ ۚ إِنَّ فِي ذَٰلِكَ لَآيَاتٍ لِّقَوْمٍ يُؤْمِنُونَ ﴿٣٧﴾

38. ਤੁਸੀਂ (ਆਪਣੇ ਮਾਲ 'ਚੋਂ) ਆਪਣੇ ਸਾਕ-ਸੰਬੰਧੀਆਂ ਨੂੰ, ਮਸਕੀਨਾਂ ਨੂੰ ਅਤੇ ਮੁਸਾਫ਼ਰਾਂ ਨੂੰ ਉਹਨਾਂ ਦਾ ਬਣਦਾ ਹੱਕ ਅਦਾ ਕਰੋ। ਜਿਹੜੇ ਲੋਕੀ ਅੱਲਾਹ ਦੇ ਦਰਸ਼ਨ ਕਰਨਾ ਚਾਹੁੰਦੇ ਹਨ ਉਹਨਾਂ ਲਈ ਇੰਜ ਕਰਨਾ ਬਹੁਤ ਚੰਗਾ ਹੈ, ਅਜਿਹੇ ਲੋਕ ਹੀ ਕਾਮਯਾਬ ਹੋਣਗੇ।

فَآتِ ذَا الْقُرْبَىٰ حَقَّهُ وَالْمِسْكِينَ وَابْنَ السَّبِيلِ ۚ
ذَٰلِكَ خَيْرٌ لِّلَّذِينَ يُرِيدُونَ وَجْهَ اللَّهِ ۖ
وَأُولَٰئِكَ هُمُ الْمُفْلِحُونَ ﴿٣٨﴾

39. (ਹੇ ਲੋਕੋ!) ਤੁਸੀਂ ਜਿਹੜਾ (ਧੰਨ) ਸੂਦ 'ਤੇ ਦਿੰਦੇ ਹੋ ਤਾਂ ਜੋ ਉਹ ਲੋਕਾਂ ਦੇ ਮਾਲ ਵਿਚ ਰਲ ਕੇ ਵਧਦਾ ਰਹੇ, ਉਹ ਅੱਲਾਹ ਦੀਆਂ ਨਜ਼ਰਾਂ ਵਿਚ ਨਹੀਂ ਵਧਦਾ। ਤੁਸੀਂ ਅੱਲਾਹ ਦੇ ਦਰਸ਼ਨ ਕਰਨ

وَمَا آتَيْتُم مِّن رِّبًا لِّيَرْبُوَ فِي أَمْوَالِ النَّاسِ فَلَا
يَرْبُو عِندَ اللَّهِ ۖ وَمَا آتَيْتُم مِّن زَكَاةٍ تُرِيدُونَ
وَجْهَ اللَّهِ فَأُولَٰئِكَ هُمُ الْمُضْعِفُونَ ﴿٣٩﴾

ਲਈ ਜਿਹੜਾ ਕੁੱਝ ਜ਼ਕਾਤ ਵਿਚ ਦਿੰਦੇ ਹੋ ਅਜਿਹੇ ਲੋਕ ਹੀ ਆਪਣੇ ਮਾਲ ਨੂੰ (ਅੱਲਾਹ ਦੀਆਂ ਨਜ਼ਰਾਂ ਵਿਚ) ਕਈ ਗੁਣਾ ਵਧਾਉਣ ਵਾਲੇ ਹਨ।

40. ਅੱਲਾਹ ਹੀ ਉਹ ਜ਼ਾਤ ਹੈ ਜਿਸ ਨੇ ਤੁਹਾਨੂੰ ਪੈਦਾ ਕੀਤਾ ਫੇਰ (ਖਾਣ ਪੀਣ ਨੂੰ) ਰਿਜ਼ਕ ਦਿੱਤਾ ਫੇਰ ਉਹ ਤੁਹਾਨੂੰ ਮੌਤ ਦੇਵੇਗਾ ਫੇਰ ਉਹ ਤੁਹਾਨੂੰ ਜਿਊਂਦਾ ਕਰੇਗਾ। ਕੀ ਤੁਹਾਡੇ (ਮਿਥੇ ਹੋਏ) ਸ਼ਰੀਕਾਂ ਵਿੱਚੋਂ ਵੀ ਕੋਈ ਅਜਿਹਾ ਹੈ ਜਿਹੜਾ ਇਹ ਕੁੱਝ ਕਰ ਸਕਦਾ ਹੋਵੇ? ਅੱਲਾਹ ਉਹਨਾਂ ਦੇ ਥਾਪੇ ਹੋਏ ਸ਼ਰੀਕਾਂ ਤੋਂ ਪਾਕ ਪਵਿੱਤਰ ਹੈ ਤੇ ਕਿਤੇ ਉੱਚਾ ਹੈ।

اللَّهُ الَّذِي خَلَقَكُمْ ثُمَّ رَزَقَكُمْ ثُمَّ يُمِيتُكُمْ ثُمَّ يُحْيِيكُمْ ۖ هَلْ مِنْ شُرَكَائِكُمْ مَنْ يَفْعَلُ مِنْ ذَٰلِكُمْ مِنْ شَيْءٍ ۚ سُبْحَانَهُ وَتَعَالَىٰ عَمَّا يُشْرِكُونَ 40

41. ਥਲ ਤੇ ਜਲ ਵਿਚ ਲੋਕਾਂ ਦੀਆਂ ਭੈੜੀਆਂ ਕਰਤੂਤਾਂ ਕਾਰਨ ਵਿਗਾੜ ਫੈਲ ਗਿਆ ਹੈ, ਇਸੇ ਲਈ ਫ਼ਸਾਦੀਆਂ ਨੂੰ ਉਹਨਾਂ ਦੀਆਂ ਕਰਤੂਤਾਂ ਦਾ ਸੁਆਦ ਚਖਾਉਂਦਾ ਹੈ, ਸ਼ਾਇਦ ਕਿ ਉਹ ਹਿਦਾਇਤ ਵੱਲ ਪਰਤ ਆਉਣ।

ظَهَرَ الْفَسَادُ فِي الْبَرِّ وَالْبَحْرِ بِمَا كَسَبَتْ أَيْدِي النَّاسِ لِيُذِيقَهُمْ بَعْضَ الَّذِي عَمِلُوا لَعَلَّهُمْ يَرْجِعُونَ 41

42. (ਹੇ ਨਬੀ!) ਤੁਸੀਂ ਉਹਨਾਂ (ਜ਼ਾਲਮਾਂ) ਨੂੰ ਆਖੋ ਕਿ ਧਰਤੀ 'ਤੇ ਤੁਰ ਫਿਰ ਕੇ ਵੇਖੋ ਕਿ ਪਹਿਲੇ ਲੋਕਾਂ ਦਾ ਕਿਹੋ ਜਿਹਾ ਅੰਜਾਮ (ਅੰਤ) ਹੋਇਆ ਸੀ। ਉਹਨਾਂ ਵਿਚ ਬਹੁਤੇ ਤਾਂ ਮੁਸ਼ਰਿਕ ਹੀ ਸਨ।

قُلْ سِيرُوا فِي الْأَرْضِ فَانْظُرُوا كَيْفَ كَانَ عَاقِبَةُ الَّذِينَ مِنْ قَبْلُ ۚ كَانَ أَكْثَرُهُمْ مُشْرِكِينَ 42

43 ਸੋ ਤੁਸੀਂ ਆਪਣੀ ਦਿਸ਼ਾ ਉਸ ਸੱਚੇ ਤੇ ਸਿੱਧੇ ਧਰਮ (ਇਸਲਾਮ) ਵਲ ਰੱਖੋ, ਇਸ ਤੋਂ ਪਹਿਲਾਂ ਕਿ ਉਹ ਦਿਨ ਆਵੇ ਜਿਹੜਾ ਅੱਲਾਹ ਵੱਲੋਂ ਨਹੀਂ ਟਲੇਗਾ। ਉਸ ਦਿਹਾੜੇ ਉਹ (ਮੋਮਿਨ ਤੇ ਕਾਫ਼ਿਰ) ਅੱਡੋ ਅੱਡ ਹੋ ਜਾਣਗੇ।

فَأَقِمْ وَجْهَكَ لِلدِّينِ الْقَيِّمِ مِنْ قَبْلِ أَنْ يَأْتِيَ يَوْمٌ لَا مَرَدَّ لَهُ مِنَ اللَّهِ ۖ يَوْمَئِذٍ يَصَّدَّعُونَ 43

44. ਜਿਸ ਨੇ ਕੁਫ਼ਰ ਕੀਤਾ ਹੋਵੇਗਾ ਉਸ ਨੂੰ ਉਸ ਦੀ ਸਜ਼ਾ ਮਿਲੇਗੀ ਅਤੇ ਜਿਨ੍ਹਾਂ ਨੇ ਨੇਕ ਕੰਮ ਕੀਤੇ ਹੋਣਗੇ ਉਹ ਆਪਣੇ ਲਈ (ਸਫ਼ਲਤਾ ਵਾਲੀ) ਰਾਹ ਪੱਧਰ ਕਰ ਰਹੇ ਹੋਣਗੇ।

مَنْ كَفَرَ فَعَلَيْهِ كُفْرُهُ ۖ وَمَنْ عَمِلَ صَالِحًا فَلِأَنْفُسِهِمْ يَمْهَدُونَ 44

لِيَجْزِيَ الَّذِينَ آمَنُوا وَعَمِلُوا الصَّالِحَاتِ مِن فَضْلِهِ ۚ
إِنَّهُ لَا يُحِبُّ الْكَافِرِينَ (45)

45. ਤਾਂ ਜੋ ਅੱਲਾਹ ਉਹਨਾਂ ਲੋਕਾਂ ਨੂੰ, ਜਿਨ੍ਹਾਂ ਨੇ ਈਮਾਨ ਲਿਆਉਣ ਮਗਰੋਂ ਨੇਕ ਕੰਮ ਕੀਤੇ ਹਨ, ਆਪਣੇ ਫ਼ਜ਼ਲ (ਕ੍ਰਿਪਾ) ਨਾਲ ਜਜ਼ਾ (ਚੰਗਾ ਬਦਲਾ) ਦੇਵੇ। ਬੇਸ਼ੱਕ ਉਹ ਕਾਫ਼ਿਰਾਂ ਨੂੰ ਪਸੰਦ ਨਹੀਂ ਕਰਦਾ।

وَمِنْ آيَاتِهِ أَن يُرْسِلَ الرِّيَاحَ مُبَشِّرَاتٍ
وَلِيُذِيقَكُم مِّن رَّحْمَتِهِ وَلِتَجْرِيَ الْفُلْكُ بِأَمْرِهِ
وَلِتَبْتَغُوا مِن فَضْلِهِ وَلَعَلَّكُمْ تَشْكُرُونَ (46)

46. ਅਤੇ ਉਹ ਦੀਆਂ ਨਿਸ਼ਾਨੀਆਂ ਵਿੱਚੋਂ ਇਹ ਵੀ ਹੈ ਕਿ ਉਹ ਖ਼ੁਸ਼ਖ਼ਬਰੀਆਂ ਦੇਣ ਵਾਲੀਆਂ ਹਵਾਵਾਂ ਨੂੰ ਭੇਜਦਾ ਹੈ ਤਾਂ ਜੋ ਉਹ ਤੁਹਾਨੂੰ ਆਪਣੀਆਂ ਮਿਹਰਾਂ ਦਾ ਆਨੰਦ ਦੇਵੇ। ਉਸ ਦੇ ਹੁਕਮ ਨਾਲ ਹੀ (ਪਾਣੀ ਵਿਚ) ਬੇੜੀਆਂ ਚੱਲਦੀਆਂ ਹਨ ਤਾਂ ਜੋ (ਸਮੁੰਦਰਾਂ ਵਿਚ) ਤੁਸੀਂ ਉਸ ਦੇ ਫ਼ਜ਼ਲ ਦੀ ਭਾਲ ਕਰੋ ਤਾਂ ਜੋ ਤੁਸੀਂ ਉਸ ਦਾ ਧੰਨਵਾਦ ਕਰ ਸਕੋ।

وَلَقَدْ أَرْسَلْنَا مِن قَبْلِكَ رُسُلًا إِلَىٰ قَوْمِهِمْ
فَجَاءُوهُم بِالْبَيِّنَاتِ فَانتَقَمْنَا مِنَ الَّذِينَ
أَجْرَمُوا ۖ وَكَانَ حَقًّا عَلَيْنَا نَصْرُ الْمُؤْمِنِينَ (47)

47. (ਹੇ ਮੁਹੰਮਦ ਸ:!) ਅਸੀਂ ਤੁਹਾਥੋਂ ਪਹਿਲਾਂ ਵੀ ਆਪਣੇ ਕਈ ਪੈਗ਼ੰਬਰਾਂ ਨੂੰ ਉਹਨਾਂ ਦੀਆਂ ਹੀ ਕੌਮਾਂ ਵੱਲ ਭੇਜੇ ਸਨ। ਉਹ (ਰਸੂਲ) ਉਹਨਾਂ ਕੋਲ ਸਪਸ਼ਟ ਦਲੀਲਾਂ ਵੀ ਲਿਆਏ ਸਨ। (ਜਦੋਂ ਉਹ ਕੌਮਾਂ ਨਹੀਂ ਮੰਨੀਆਂ) ਫੇਰ ਅਸੀਂ ਗੁਨਾਹਗਾਰਾਂ ਤੋਂ (ਆਪਣੇ ਅਜ਼ਾਬ ਰਾਹੀਂ) ਬਦਲਾ ਲਿਆ। ਸਾਡੇ ਲਈ ਤਾਂ ਮੋਮਿਨਾਂ ਦੀ ਮਦਦ ਕਰਨਾ ਲਾਜ਼ਮੀ ਹੈ।

اللَّهُ الَّذِي يُرْسِلُ الرِّيَاحَ فَتُثِيرُ سَحَابًا فَيَبْسُطُهُ
فِي السَّمَاءِ كَيْفَ يَشَاءُ وَيَجْعَلُهُ كِسَفًا فَتَرَى
الْوَدْقَ يَخْرُجُ مِنْ خِلَالِهِ ۖ فَإِذَا أَصَابَ بِهِ مَن
يَشَاءُ مِنْ عِبَادِهِ إِذَا هُمْ يَسْتَبْشِرُونَ (48)

48. ਅੱਲਾਹ ਉਹ ਜ਼ਾਤ ਹੈ ਜਿਹੜਾ ਹਵਾਵਾਂ ਨੂੰ ਭੇਜਦਾ ਹੈ ਫੇਰ ਉਹ ਬੱਦਲਾਂ ਨੂੰ ਚੁੱਕਦੀਆਂ ਹਨ ਫੇਰ ਅੱਲਾਹ ਆਪਣੀ ਇੱਛਾ ਅਨੁਸਾਰ ਉਹਨਾਂ (ਬੱਦਲਾਂ) ਨੂੰ ਅਕਾਸ਼ ਵਿਚ ਫੈਲਾ ਦਿੰਦਾ ਹੈ ਅਤੇ ਉਹਨਾਂ (ਬੱਦਲਾਂ) ਨੂੰ ਟੁਕੜੀਆਂ ਵਿਚ ਵੰਡ ਦਿੰਦਾ ਹੈ ਫੇਰ ਤੁਸੀਂ ਵੇਖਦੇ ਹੋ ਕਿ ਉਹਨਾਂ (ਬੱਦਲਾਂ) ਵਿੱਚੋਂ (ਪਾਣੀ ਦੀਆਂ) ਬੂੰਦਾਂ ਨਿਕਲਦੀਆਂ ਹਨ ਅਤੇ ਜਿਨ੍ਹਾਂ ਬੰਦਿਆਂ ਤੇ ਅੱਲਾਹ ਚਾਹੁੰਦਾ ਹੈ, ਉਹਨਾਂ ਉੱਤੇ ਮੀਂਹ ਵਰਸਾਉਂਦਾ ਹੈ। ਉਸ ਸਮੇਂ ਉਹ ਲੋਕ ਖ਼ੁਸ਼ ਹੋ ਜਾਂਦੇ ਹਨ।

49 ਨਿਰਸੰਦੇਹ, ਇਸ ਮੀਂਹ ਦੇ ਆਉਣ ਤੋਂ ਪਹਿਲਾਂ ਤਾਂ ਉਹ ਲੋਕ ਬੇ-ਆਸ ਹੋ ਰਹੇ ਸਨ।

وَإِن كَانُوا مِن قَبْلِ أَن يُنَزَّلَ عَلَيْهِم مِّن قَبْلِهِ لَمُبْلِسِينَ ٤٩

50 ਸੋ ਤੁਸੀਂ ਅੱਲਾਹ ਦੀਆਂ ਮਿਹਰਾਂ ਦੀ ਨਿਸ਼ਾਨੀਆਂ ਵੇਖੋ ਕਿ ਉਹ ਮਰੀ ਹੋਈ (ਉਜਾੜ) ਧਰਤੀ ਨੂੰ ਕਿਦਾਂ ਜਿਉਂਦਾ (ਉਪਜਾਊ) ਕਰਦਾ ਹੈ। ਬੇਸ਼ੱਕ ਉਹੀ (ਅੱਲਾਹ) ਮੁਰਦਿਆਂ ਨੂੰ ਜਿਉਂਦਾ ਕਰਨ ਵਾਲਾ ਹੈ ਅਤੇ ਉਹ ਹਰ ਕੰਮ ਕਰਨ ਦੀ ਸਮਰਥਾ ਰੱਖਦਾ ਹੈ।

فَانظُرْ إِلَىٰ آثَارِ رَحْمَتِ اللَّهِ كَيْفَ يُحْيِي الْأَرْضَ بَعْدَ مَوْتِهَا ۚ إِنَّ ذَٰلِكَ لَمُحْيِي الْمَوْتَىٰ ۖ وَهُوَ عَلَىٰ كُلِّ شَيْءٍ قَدِيرٌ ٥٠

51 ਅਤੇ ਜੇਕਰ ਅਸੀਂ ਹਵਾਵਾਂ ਦੇ ਰੁੱਖ ਬਦਲ ਦਈਏ ਅਤੇ ਇਹ ਆਪਣੀ ਫ਼ਸਲ ਨੂੰ ਪੀਲੀ (ਮੁਰਝਾਈ) ਹੋਈ ਵੇਖਣ ਤਾਂ ਉਹ ਨਾ-ਸ਼ੁਕਰੀਆਂ ਕਰਨ ਲੱਗ ਜਾਂਦੇ ਹਨ।

وَلَئِنْ أَرْسَلْنَا رِيحًا فَرَأَوْهُ مُصْفَرًّا لَّظَلُّوا مِن بَعْدِهِ يَكْفُرُونَ ٥١

52 ਬੇਸ਼ੱਕ (ਹੇ ਨਬੀ!) ਤੁਸੀਂ ਮੁਰਦਿਆਂ ਨੂੰ (ਬੇ-ਸਮਝਾਂ ਨੂੰ) ਨਹੀਂ ਸੁਣਾ ਸਕਦੇ ਅਤੇ ਨਾ ਹੀ ਬੋਲਿਆਂ ਨੂੰ ਆਪਣੀ ਗੱਲ ਸੁਣਾ ਸਕਦੇ ਹੋ। ਜਦ ਕਿ ਉਹ ਪਿੱਠ ਫੇਰ ਕੇ ਮੁੜ ਗਏ ਹੋਣ।

فَإِنَّكَ لَا تُسْمِعُ الْمَوْتَىٰ وَلَا تُسْمِعُ الصُّمَّ الدُّعَاءَ إِذَا وَلَّوْا مُدْبِرِينَ ٥٢

53 ਅਤੇ ਨਾ ਹੀ ਤੁਸੀਂ ਅੰਨ੍ਹੇ ਲੋਕਾਂ ਨੂੰ ਕੁਰਾਹਿਓਂ ਕੱਢ ਕੇ ਸਿੱਧੇ ਰਾਹ ਲਿਆ ਸਕਦੇ ਹੋ। ਤੁਸੀਂ ਤਾਂ ਕੇਵਲ ਉਹਨਾਂ ਨੂੰ ਹੀ ਸੁਣਾ ਸਕਦੇ ਹੋ ਜਿਹੜੇ ਸਾਡੀਆਂ ਆਇਤਾਂ 'ਤੇ ਈਮਾਨ ਰੱਖਦੇ ਹਨ। ਬਸ ਉਹੀਓ ਆਗਿਆਕਾਰੀ ਹਨ।

وَمَا أَنتَ بِهَادِ الْعُمْيِ عَن ضَلَالَتِهِمْ ۖ إِن تُسْمِعُ إِلَّا مَن يُؤْمِنُ بِآيَاتِنَا فَهُم مُّسْلِمُونَ ٥٣

54. ਅੱਲਾਹ ਉਹ ਜ਼ਾਤ ਹੈ ਜਿਸ ਨੇ ਤੁਹਾਨੂੰ ਕਮਜ਼ੋਰੀ ਦੀ ਹਾਲਤ ਵਿਚ ਪੈਦਾ ਕੀਤਾ, ਫੇਰ ਇਸ ਕਮਜ਼ੋਰੀ (ਬਚਪਣ) ਤੋਂ ਮਗਰੋਂ ਤਾਕਤ (ਜਵਾਨੀ) ਦਿੱਤੀ, ਫੇਰ ਇਸ ਤਾਕਤ (ਜਵਾਨੀ) ਮਗਰੋਂ ਕਮਜ਼ੋਰੀ ਤੇ ਬੁਢਾਪਾ ਦਿੱਤਾ। ਉਹ ਜਿਵੇਂ ਚਾਹੇ ਪੈਦਾ ਕਰਦਾ ਹੈ। ਉਹ ਸਭ ਕੁੱਝ ਜਾਣਨ ਵਾਲਾ ਅਤੇ ਹਰ ਤਰ੍ਹਾਂ ਦੀ ਸਮਰਥਾ ਰੱਖਦਾ ਹੈ।

اللَّهُ الَّذِي خَلَقَكُم مِّن ضَعْفٍ ثُمَّ جَعَلَ مِن بَعْدِ ضَعْفٍ قُوَّةً ثُمَّ جَعَلَ مِن بَعْدِ قُوَّةٍ ضَعْفًا وَشَيْبَةً ۚ يَخْلُقُ مَا يَشَاءُ ۖ وَهُوَ الْعَلِيمُ الْقَدِيرُ ٥٤

وَيَوْمَ تَقُومُ السَّاعَةُ يُقْسِمُ الْمُجْرِمُونَ ۙ مَا لَبِثُوا غَيْرَ سَاعَةٍ ۚ كَذَٰلِكَ كَانُوا يُؤْفَكُونَ ﴿55﴾

55 ਜਿਸ ਦਿਨ ਕਿਆਮਤ ਆਵੇਗੀ ਅਪਰਾਧੀ ਕਸਮਾਂ ਖਾਣਗੇ ਕਿ ਉਹ (ਸੰਸਾਰ ਵਿਚ) ਛੁੱਟ ਇਕ ਪਲ ਤੋਂ ਨਹੀਂ ਠਹਿਰੇ। ਇਸ ਤਰ੍ਹਾਂ ਇਹ (ਸੰਸਾਰਿਕ ਜੀਵਨ ਵਿਚ) ਕੁਰਾਹੇ ਪਏ ਰਹੇ।

وَقَالَ الَّذِينَ أُوتُوا الْعِلْمَ وَالْإِيمَانَ لَقَدْ لَبِثْتُمْ فِي كِتَابِ اللَّهِ إِلَىٰ يَوْمِ الْبَعْثِ ۖ فَهَٰذَا يَوْمُ الْبَعْثِ وَلَٰكِنَّكُمْ كُنْتُمْ لَا تَعْلَمُونَ ﴿56﴾

56. ਅਤੇ ਜਿਨ੍ਹਾਂ ਲੋਕਾਂ ਨੂੰ ਈਮਾਨ ਅਤੇ ਗਿਆਨ ਦਿੱਤਾ ਗਿਆ ਹੈ ਉਹ ਆਖਣਗੇ ਕਿ ਤੁਸੀਂ ਤਾਂ (ਹੇ ਅਪਰਾਧੀਓ!) ਜਿਵੇਂ ਕਿ ਅੱਲਾਹ ਦੀ ਕਿਤਾਬ (ਲੌਹ ਏ ਮਹਿਫ਼ੂਜ਼) ਵਿਚ ਹੈ ਕਿਆਮਤ ਤਕ (ਸੰਸਾਰ ਵਿਚ) ਰਹੇ ਸੀ। ਅੱਜ ਇਹ ਦਿਨ ਮੁੜ ਆਉਣ ਦਾ ਹੈ। ਪਰ ਤੁਸੀਂ ਤਾਂ ਇਸ ਨੂੰ ਮੰਨਦੇ ਹੀ ਨਹੀਂ ਸੀ

فَيَوْمَئِذٍ لَا يَنْفَعُ الَّذِينَ ظَلَمُوا مَعْذِرَتُهُمْ وَلَا هُمْ يُسْتَعْتَبُونَ ﴿57﴾

57. ਉਸ ਦਿਨ ਉਹਨਾਂ ਜ਼ਾਲਮਾਂ ਦਾ ਕੋਈ ਵੀ ਬਹਾਨਾ ਉਹਨਾਂ ਦੇ ਕੰਮ ਨਹੀਂ ਆਵੇਗਾ ਅਤੇ ਨਾ ਹੀ ਉਹਨਾਂ ਨੂੰ ਤੌਬਾ ਕਰਨ ਦਾ ਅਵਸਰ ਦਿੱਤਾ ਜਾਵੇਗਾ।

وَلَقَدْ ضَرَبْنَا لِلنَّاسِ فِي هَٰذَا الْقُرْآنِ مِنْ كُلِّ مَثَلٍ ۚ وَلَئِنْ جِئْتَهُمْ بِآيَةٍ لَيَقُولَنَّ الَّذِينَ كَفَرُوا إِنْ أَنْتُمْ إِلَّا مُبْطِلُونَ ﴿58﴾

58 ਬੇਸ਼ੱਕ ਅਸੀਂ ਇਸ ਕੁਰਆਨ ਵਿਚ ਲੋਕਾਂ ਸਾਹਮਣੇ ਹਰ ਤਰ੍ਹਾਂ ਦੀਆਂ ਉਦਾਹਰਣਾਂ (ਵਿਸਥਾਰ ਨਾਲ) ਬਿਆਨ ਕਰ ਦਿੱਤੀਆਂ ਹਨ। ਫੇਰ ਵੀ ਕਾਫ਼ਿਰ ਤਾਂ ਬਸ ਇਹੋ ਆਖਣਗੇ ਕਿ ਤੁਸੀਂ ਤਾਂ ਨਿਰੇ ਝੂਠੇ ਹੋ।

كَذَٰلِكَ يَطْبَعُ اللَّهُ عَلَىٰ قُلُوبِ الَّذِينَ لَا يَعْلَمُونَ ﴿59﴾

59 ਇਸ ਤਰ੍ਹਾਂ ਅੱਲਾਹ ਬੇ-ਸਮਝ ਲੋਕਾਂ ਦੇ ਦਿਲਾਂ 'ਤੇ ਮੋਹਰਾਂ ਲਾ ਛੱਡਦਾ ਹੈ।

فَاصْبِرْ إِنَّ وَعْدَ اللَّهِ حَقٌّ ۖ وَلَا يَسْتَخِفَّنَّكَ الَّذِينَ لَا يُوقِنُونَ ﴿60﴾

60. ਸੋ (ਹੇ ਨਬੀ!) ਤੁਸੀਂ ਧੀਰਜ ਰੱਖੋ। ਬੇਸ਼ੱਕ ਅੱਲਾਹ ਦਾ ਵਚਨ ਸੱਚਾ ਹੈ। ਉਹ (ਕਾਫ਼ਿਰ) ਲੋਕ, ਜਿਹੜੇ ਲੋਕੀ (ਅੱਲਾਹ ਦੀ ਕਿਤਾਬ ਕੁਰਆਨ) 'ਤੇ ਯਕੀਨ ਨਹੀਂ ਰੱਖਦੇ, ਉਹ ਤੁਹਾਨੂੰ ਹੋਲਾ (ਬੇ-ਸਬਰਾ) ਨਾ ਕਰ ਦੇਣ।

50

31. ਸੂਰਤ ਲੁਕਮਾਨ (ਮੱਕੀ-57)

(ਆਇਤਾਂ 34, ਰੁਕੂਅ 4)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

1 ਅਲਿਫ਼, ਲਾਮ, ਮੀਮ।

2. ਇਹ ਹਿਕਮਤ ਵਾਲੀ ਕਿਤਾਬ (ਕੁਰਆਨ) ਦੀਆਂ ਆਇਤਾਂ ਹਨ।

3 ਜਿਸ ਵਿਚ ਨੇਕ ਕੰਮ ਕਰਨ ਵਾਲਿਆਂ ਲਈ ਹਿਦਾਇਤ ਤੇ ਰਹਿਮਤ ਹੈ।[1]

4. (ਭਾਵ) ਜਿਹੜੇ ਲੋਕੀ ਨਮਾਜ਼ਾਂ ਨੂੰ ਕਾਇਮ ਕਰਦੇ ਹਨ ਤੇ ਜ਼ਕਾਤ ਦਿੰਦੇ ਹਨ ਅਤੇ ਪਰਲੋਕ ਉੱਤੇ ਪੱਕਾ ਵਿਸ਼ਵਾਸ ਰੱਖਦੇ ਹਨ।

5. ਇਹੋ ਉਹ ਲੋਕ ਹਨ ਜਿਹੜੇ ਆਪਣੇ ਰੱਬ ਵੱਲੋਂ ਹਿਦਾਇਤ 'ਤੇ ਹਨ ਅਤੇ ਇਹੋ ਲੋਕ ਸਫ਼ਲਤਾ ਪ੍ਰਾਪਤ ਕਰਨ ਵਾਲੇ ਹਨ।

6. ਅਤੇ ਕੁੱਝ ਲੋਕ ਅਜਿਹੇ ਵੀ ਹਨ ਜਿਹੜੇ ਮਨ ਪਰਚਾਊ ਬਾਣੀ (ਗਾਣ, ਵਜਾਣ, ਖੇਡਾਂ, ਕਿੱਸੇ ਕਹਾਣੀਆਂ ਆਦਿ) ਮੁੱਲ ਲੈ ਕੇ ਆਉਂਦੇ ਹਨ ਤਾਂ ਜੋ ਉਹ ਬਿਨਾਂ ਕਿਸੇ ਗਿਆਨ ਤੋਂ ਲੋਕਾਂ ਨੂੰ ਰੱਬ ਦੀ ਰਾਹ ਤੋਂ ਭਟਕਾ ਦੇਣ ਅਤੇ ਇਸ (ਰਾਹ 'ਤੇ ਸੱਦਣ ਵਾਲੇ) ਦਾ ਮਖੌਲ ਉਡਾਉਣ,[2] ਅਜਿਹੇ ਲੋਕਾਂ ਲਈ ਹੀ (ਪਰਲੋਕ ਵਿੱਚ) ਹੀਣਤਾ ਭਰਿਆ ਅਜ਼ਾਬ ਹੋਵੇਗਾ।

سُورَةُ لُقْمَٰنَ

بِسْمِ اللَّهِ الرَّحْمَٰنِ الرَّحِيمِ

الٓمٓ ﴿١﴾

تِلْكَ ءَايَٰتُ الْكِتَٰبِ الْحَكِيمِ ﴿٢﴾

هُدًى وَرَحْمَةً لِّلْمُحْسِنِينَ ﴿٣﴾

الَّذِينَ يُقِيمُونَ الصَّلَوٰةَ وَيُؤْتُونَ الزَّكَوٰةَ
وَهُم بِالْءَاخِرَةِ هُمْ يُوقِنُونَ ﴿٤﴾

أُو۟لَٰٓئِكَ عَلَىٰ هُدًى مِّن رَّبِّهِمْ ۖ وَأُو۟لَٰٓئِكَ
هُمُ الْمُفْلِحُونَ ﴿٥﴾

وَمِنَ النَّاسِ مَن يَشْتَرِى لَهْوَ الْحَدِيثِ لِيُضِلَّ
عَن سَبِيلِ اللَّهِ بِغَيْرِ عِلْمٍ وَيَتَّخِذَهَا هُزُوًا ۚ
أُو۟لَٰٓئِكَ لَهُمْ عَذَابٌ مُّهِينٌ ﴿٦﴾

[1] ਵੇਖੋ ਸੂਰਤ ਅਤ-ਤੌਬਾ, ਹਾਸ਼ੀਆ ਆਇਤ 120/9

[2] ਵੇਖੋ ਸੂਰਤ ਅਲ-ਮਾਇਦਾ, ਹਾਸ਼ੀਆ ਆਇਤ 90/5

وَإِذَا تُتْلَىٰ عَلَيْهِ آيَاتُنَا وَلَّىٰ مُسْتَكْبِرًا كَأَن لَّمْ يَسْمَعْهَا كَأَنَّ فِي أُذُنَيْهِ وَقْرًا ۖ فَبَشِّرْهُ بِعَذَابٍ أَلِيمٍ ﴿٧﴾

7. ਜਦੋਂ ਉਸ (ਮਖੌਲ ਉਡਾਉਣ ਵਾਲੇ) ਨੂੰ ਸਾਡੀਆਂ ਆਇਤਾਂ ਸੁਣਾਈਆਂ ਜਾਂਦੀਆਂ ਹਨ ਤਾਂ ਉਹ ਹੰਕਾਰ ਨਾਲ ਇਸ ਤਰ੍ਹਾਂ ਮੂੰਹ ਫੇਰ ਲੈਂਦਾ ਹੈ ਜਿਵੇਂ ਕਿ ਉਸ ਨੇ ਕੁੱਝ ਸੁਣਿਆ ਹੀ ਨਹੀਂ ਜਿਵੇਂ ਕਿ ਉਸ ਦੇ ਕੰਨਾਂ ਵਿਚ ਡਾਟ ਪਿਆ ਹੋਵੇ। (ਹੇ ਮੁਹੰਮਦ ਸ:!) ਤੁਸੀਂ ਉਸ ਨੂੰ ਇਕ ਦੁਖਦਾਈ ਅਜ਼ਾਬ ਦੀ ਖ਼ਬਰ ਸੁਣਾ ਦਿਓ।[1]

إِنَّ الَّذِينَ آمَنُوا وَعَمِلُوا الصَّالِحَاتِ لَهُمْ جَنَّاتُ النَّعِيمِ ﴿٨﴾

8. ਜਿਹੜੇ ਲੋਕ ਈਮਾਨ ਲਿਆਏ ਅਤੇ ਉਹਨਾਂ ਨੇ ਕੰਮ ਵੀ ਨੇਕ ਕੀਤੇ, ਉਹਨਾਂ ਲਈ ਨਿਅਮਤਾਂ ਭਰੇ ਬਾਗ਼ (ਜੰਨਤਾਂ) ਹਨ।

خَالِدِينَ فِيهَا ۖ وَعْدَ اللَّهِ حَقًّا ۚ وَهُوَ الْعَزِيزُ الْحَكِيمُ ﴿٩﴾

9. ਜਿੱਥੇ ਉਹ (ਨੇਕ ਲੋਕ) ਸਦਾ ਰਹਿਣਗੇ। ਇਹ ਅੱਲਾਹ ਦਾ ਸੱਚਾ ਵਾਅਦਾ ਹੈ (ਜਿਹੜਾ ਪੂਰਾ ਹੋਵੇਗਾ)। ਉਹ (ਰੱਬ) ਬਾਹਲਾ ਜ਼ੋਰਾਵਰ ਤੇ ਯੁਕਤੀਮਾਨ ਹੈ।

خَلَقَ السَّمَاوَاتِ بِغَيْرِ عَمَدٍ تَرَوْنَهَا ۖ وَأَلْقَىٰ فِي الْأَرْضِ رَوَاسِيَ أَن تَمِيدَ بِكُمْ وَبَثَّ فِيهَا مِن كُلِّ دَابَّةٍ ۚ وَأَنزَلْنَا مِنَ السَّمَاءِ مَاءً فَأَنبَتْنَا فِيهَا مِن كُلِّ زَوْجٍ كَرِيمٍ ﴿١٠﴾

10. ਉਸੇ (ਅੱਲਾਹ) ਨੇ ਅਕਾਸ਼ ਨੂੰ ਬਿਨਾਂ ਥੰਮਾਂ ਤੋਂ ਸਾਜਿਆ ਹੈ, ਤੁਸੀਂ ਇਸ (ਅਕਾਸ਼) ਨੂੰ ਵੇਖ ਹੀ ਰਹੇ ਹੋ। ਉਸ ਨੇ ਧਰਤੀ ਵਿਚ ਪਹਾੜਾਂ ਨੂੰ ਗੜ ਦਿੱਤਾ ਤਾਂ ਜੋ ਉਹ (ਧਰਤੀ) ਤੁਹਾਨੂੰ ਲੈ ਕੇ ਉਲਾਰ ਨਾ ਹੋ ਜਾਵੇ। (ਉਸੇ ਨੇ) ਹਰ ਪ੍ਰਕਾਰ ਦੇ ਜਾਨਵਰ ਧਰਤੀ ਵਿਚ ਖਿਲਾਰ ਦਿੱਤੇ ਅਤੇ ਅਸੀਂ ਅਕਾਸ਼ ਤੋਂ ਪਾਣੀ ਬਰਸਾਇਆ ਅਤੇ ਧਰਤੀ ਵਿੱਚ ਹਰ ਪ੍ਰਕਾਰ ਦੀਆਂ ਵਧੀਆਂ-ਵਧੀਆ ਚੀਜ਼ਾਂ ਉਗਾ ਦਿੱਤੀਆਂ।

هَٰذَا خَلْقُ اللَّهِ فَأَرُونِي مَاذَا خَلَقَ الَّذِينَ مِن دُونِهِ ۚ بَلِ الظَّالِمُونَ فِي ضَلَالٍ مُّبِينٍ ﴿١١﴾

11. ਇਹ ਸਭ ਰਚਨਾਂ ਅੱਲਾਹ ਦੀ ਹੈ। ਹੁਣ ਜ਼ਰਾ ਮੈਨੂੰ ਵਿਖਾਓ ਕਿ ਇਹਨਾਂ ਦੂਜਿਆਂ ਇਸ਼ਟਾਂ ਨੇ ਇਸ (ਅੱਲਾਹ ਦੀ ਰਚਨਾ) ਤੋਂ ਛੁੱਟ ਕੀ ਸਾਜਿਆ ਹੈ? (ਕੁੱਝ ਵੀ ਨਹੀਂ) ਸਗੋਂ ਇਹ ਜ਼ਾਲਮ ਲੋਕ ਤਾਂ ਸਪਸ਼ਟ ਰੂਪ ਵਿਚ ਕੁਰਾਹੇ ਪਏ ਹੋਏ ਹਨ।

---

1 ਵੇਖੋ ਸੂਰਤ ਅਲ-ਹੱਜ, ਹਾਸ਼ੀਆ ਆਇਤ 9/22

12 ਨਿਰਸੰਦੇਹ, ਅਸੀਂ ਲੁਕਮਾਨ ਨੂੰ ਦਾਨਾਈ ਬਖ਼ਸ਼ੀ ਸੀ ਕਿ ਉਹ ਅੱਲਾਹ ਦਾ ਸ਼ੁਕਰ ਅਦਾ ਕਰੇ। ਹਰ ਸ਼ੁਕਰ ਕਰਨ ਵਾਲਾ ਆਪਣੇ ਨਿਜੀ ਲਾਭ ਲਈ ਹੀ ਸ਼ੁਕਰ ਕਰਦਾ ਹੈ ਅਤੇ ਜਿਹੜਾ ਨਾ-ਸ਼ੁਕਰੀ ਕਰਦਾ ਹੈ ਤਾਂ ਵਾਸਤਵ ਵਿਚ ਅੱਲਾਹ (ਉਸ ਦੀ ਨਾ-ਸ਼ੁਕਰੀ ਤੋਂ) ਬੇਪਰਵਾਹ ਹੈ ਅਤੇ ਸਾਰੀਆਂ ਖ਼ੂਬੀਆਂ ਦਾ ਮਾਲਿਕ ਹੈ।

وَلَقَدْ آتَيْنَا لُقْمَانَ الْحِكْمَةَ أَنِ اشْكُرْ لِلَّهِ ۚ وَمَن يَشْكُرْ فَإِنَّمَا يَشْكُرُ لِنَفْسِهِ ۖ وَمَن كَفَرَ فَإِنَّ اللَّهَ غَنِيٌّ حَمِيدٌ (12)

13. (ਯਾਦ ਕਰੋ) ਜਦੋਂ ਲੁਕਮਾਨ ਨੇ ਆਪਣੇ ਪੁੱਤਰ ਨੂੰ ਨਸੀਹਤ ਕਰਦਿਆਂ ਹੋਇਆ ਕਿਹਾ ਸੀ ਕਿ ਹੇ ਮੇਰੇ ਪੁੱਤਰ! ਤੂੰ ਅੱਲਾਹ ਦੇ ਨਾਲ (ਉਸ ਦੀ ਸਿਫ਼ਤਾਂ ਵਿਚ ਅਤੇ ਬੰਦਗੀ ਵਿਚ) ਕਿਸੇ ਨੂੰ ਸ਼ਰੀਕ ਨਾ ਬਣਾਈਂ, ਬੇਸ਼ੱਕ ਸ਼ਿਰਕ ਕਰਨਾ ਮਹਾਂ ਪਾਪ ਹੈ।[1]

وَإِذْ قَالَ لُقْمَانُ لِابْنِهِ وَهُوَ يَعِظُهُ يَا بُنَيَّ لَا تُشْرِكْ بِاللَّهِ ۖ إِنَّ الشِّرْكَ لَظُلْمٌ عَظِيمٌ (13)

14. ਅਸਾਂ ਮਨੁੱਖ ਨੂੰ ਉਸ ਦੇ ਮਾਪਿਆਂ ਪ੍ਰਤੀ ਵਧੀਆ ਤੋਂ ਵਧੀਆ ਵਿਹਾਰ ਕਰਨ ਦਾ ਹੁਕਮ ਦਿੱਤਾ ਹੈ। ਉਸ ਦੀ ਮਾਂ ਨੇ ਕਿੰਨੀਆਂ ਕਮਜ਼ੋਰੀਆਂ (ਦੁੱਖ) ਸਹਿ ਕੇ ਉਸ ਨੂੰ ਆਪਣੇ ਗਰਭ ਵਿਚ ਰੱਖਿਆ ਅਤੇ ਦੋ ਸਾਲ ਉਸਦੀ ਦੁੱਧ ਛੁਡਾਈ ਵਿਚ ਲੱਗ ਗਏ ਸੀ ਸੋ ਤੂੰ ਮੇਰਾ ਤੇ ਆਪਣੇ ਮਾਂ-ਪਿਓ ਦਾ ਧੰਨਵਾਦ ਕਰ, ਮੇਰੇ ਵੱਲ ਹੀ (ਤੁਸੀਂ ਸਭ ਨੇ) ਪਰਤ ਕੇ ਆਉਣਾ ਹੈ।

وَوَصَّيْنَا الْإِنسَانَ بِوَالِدَيْهِ حَمَلَتْهُ أُمُّهُ وَهْنًا عَلَىٰ وَهْنٍ وَفِصَالُهُ فِي عَامَيْنِ أَنِ اشْكُرْ لِي وَلِوَالِدَيْكَ إِلَيَّ الْمَصِيرُ (14)

15. ਪਰ ਜੇ ਉਹ ਦੋਵੇਂ (ਮਾਂ ਪਿਓ) ਤੇਰੇ ਉੱਤੇ ਦਬਾਓ ਪਾਉਣ ਕਿ ਤੂੰ ਕਿਸੇ ਅਜਿਹੇ ਨੂੰ (ਸਿਫ਼ਤਾਂ ਤੇ ਪੂਜਾ ਵਿਚ) ਮੇਰਾ ਸਾਂਝੀ ਬਣਾ ਜਿਸ ਦਾ ਤੈਨੂੰ ਕੁੱਝ ਵੀ ਗਿਆਨ ਨਹੀਂ ਤਾਂ ਉਹਨਾਂ ਦੀ ਗੱਲ ਕਦੇ ਵੀ ਨਾ ਮੰਨੀ, ਹਾਂ, ਦੁਨੀਆਂ ਵਿਚ ਉਹਨਾਂ ਨਾਲ ਸੁਚੱਜਾ ਵਰਤਾਓ ਕਰਦਾ ਰਹੀਂ ਅਤੇ ਉਸ ਵਿਅਕਤੀ ਦੇ ਪਿੱਛੇ ਲੱਗੀਂ, ਜਿਹੜਾ ਮੇਰੇ ਵੱਲ ਮੁੜਦਾ ਹੈ

وَإِن جَاهَدَاكَ عَلَىٰ أَن تُشْرِكَ بِي مَا لَيْسَ لَكَ بِهِ عِلْمٌ فَلَا تُطِعْهُمَا ۖ وَصَاحِبْهُمَا فِي الدُّنْيَا مَعْرُوفًا ۖ وَاتَّبِعْ سَبِيلَ مَنْ أَنَابَ إِلَيَّ ۚ ثُمَّ إِلَيَّ مَرْجِعُكُمْ فَأُنَبِّئُكُم بِمَا كُنتُمْ تَعْمَلُونَ (15)

[1] ਵੇਖੋ ਸੂਰਤ ਅਨ-ਨਮਲ, ਹਾਸ਼ੀਆ ਆਇਤ 59/27 ਅਤੇ ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 22/2

(ਭਾਵ ਝੁਕਦਾ ਹੈ)। ਫੇਰ ਤੁਹਾਡਾ ਸਭ ਦਾ ਪਰਤਣਾ ਤਾਂ ਮੇਰੇ ਵੱਲ ਹੀ ਹੈ। ਤੁਸੀਂ ਜੋ ਵੀ ਕਰਦੇ ਹੋ, ਮੈਂ ਤੁਹਾਨੂੰ ਦੱਸ ਦਿਆਂਗਾ।

16 (ਲੁਕਮਾਨ ਨੇ ਆਖਿਆ) ਹੇ ਮੇਰੇ ਪੁੱਤਰ! ਬੇਸ਼ੱਕ ਜੇ ਕੋਈ ਚੀਜ਼ ਰਾਈ ਦੇ ਦਾਣੇ ਦੇ ਬਰਾਬਰ ਵੀ ਹੋਵੇ, ਫੇਰ ਉਹ ਭਾਵੇਂ ਕਿਸੇ ਚਟਾਨ ਜਾਂ ਅਕਾਸ਼ਾਂ ਜਾਂ ਧਰਤੀ ਵਿਚ ਕੀਤੇ ਵੀ ਹੋਵੇ, ਅੱਲਾਹ ਉਸ ਨੂੰ (ਕਿਆਮਤ ਦਿਹਾੜੇ) ਜ਼ਰੂਰ ਕੱਢ ਲਿਆਵੇਗਾ। ਬੇਸ਼ੱਕ ਅੱਲਾਹ ਵੱਡਾ ਸੂਖਮਦਰਸ਼ੀ ਤੇ ਖ਼ਬਰਦਾਰ ਹੈ।

17 ਹੇ ਮੇਰੇ ਪੁੱਤਰ! ਤੂੰ ਨਮਾਜ਼ ਕਾਇਮ ਕਰ ਤੇ ਨੇਕੀ ਦਾ ਹੁਕਮ ਦੇ, ਬੁਰਾਈ ਤੋਂ ਵਰਜਦਾ ਰਹਿ ਅਤੇ ਜੋ ਵੀ ਮੁਸੀਬਤ ਆਵੇ ਉਸ 'ਤੇ ਸਬਰ ਕਰ। ਬੇਸ਼ੱਕ ਇਹ (ਸਬਰ ਕਰਨਾ) ਹਿੰਮਤ ਵਾਲੇ ਕੰਮਾਂ ਵਿੱਚੋਂ ਹੈ।

18 ਤੂੰ ਲੋਕਾਂ ਨਾਲ ਮੂੰਹ ਫੇਰ ਕੇ ਗੱਲ ਨਾ ਕਰ ਤੇ ਨਾ ਹੀ ਧਰਤੀ ਉੱਤੇ ਆਕੜ ਕੇ ਤੁਰ, ਕਿਉਂ ਜੋ ਕਿਸੇ ਵੀ ਘਮੰਡੀ ਤੇ ਸ਼ੇਖ਼ੀ ਖੋਰੇ ਨੂੰ ਅੱਲਾਹ ਪਸੰਦ ਨਹੀਂ ਕਰਦਾ।

19 ਤੂੰ ਆਪਣੀ ਚਾਲ ਵਿਚਕਾਰਲੀ ਰੱਖ (ਭਾਵ ਨਾ ਹੀ ਤੇਜ਼ ਤੇ ਨਾ ਹੀ ਹੌਲੀ ਤੁਰ) ਅਤੇ ਆਪਣੀ ਆਵਾਜ਼ ਰਤਾ ਨੀਵੀਂ ਰੱਖ, ਬੇਸ਼ੱਕ ਸਾਰੀਆਂ ਆਵਾਜ਼ਾਂ ਨਾਲੋਂ ਵਧੇਰੇ ਭੈੜੀ ਆਵਾਜ਼ ਖੋਤੇ ਦੀ ਹੁੰਦੀ ਹੈ।

20. ਕੀ ਤੁਸੀਂ ਨਹੀਂ ਵੇਖਦੇ ਕਿ ਅੱਲਾਹ ਨੇ ਅਕਾਸ਼ ਤੇ ਧਰਤੀ ਦੀ ਹਰੇਕ ਚੀਜ਼ ਨੂੰ ਤੁਹਾਡੇ ਵੱਸ ਵਿਚ ਕਰ ਛੱਡਿਆ ਹੈ ਅਤੇ ਆਪਣੀਆਂ ਸਾਰੀਆਂ ਦਿਸਣ ਵਾਲੀਆਂ ਅਤੇ ਗੁਪਤ ਨਿਆਮਤਾਂ ਤੁਹਾਡੇ ਉੱਤੇ ਪੂਰੀਆਂ ਕਰ ਦਿੱਤੀਆਂ ਹਨ। ਕੁੱਝ ਲੋਕੀ ਉਹ ਹਨ

يٰبُنَيَّ اِنَّهَآ اِنْ تَكُ مِثْقَالَ حَبَّةٍ مِّنْ خَرْدَلٍ فَتَكُنْ فِيْ صَخْرَةٍ اَوْ فِي السَّمٰوٰتِ اَوْ فِي الْاَرْضِ يَاْتِ بِهَا اللّٰهُ ۭ اِنَّ اللّٰهَ لَطِيْفٌ خَبِيْرٌ 16

يٰبُنَيَّ اَقِمِ الصَّلٰوةَ وَاْمُرْ بِالْمَعْرُوْفِ وَانْهَ عَنِ الْمُنْكَرِ وَاصْبِرْ عَلٰي مَآ اَصَابَكَ ۭ اِنَّ ذٰلِكَ مِنْ عَزْمِ الْاُمُوْرِ 17

وَلَا تُصَعِّرْ خَدَّكَ لِلنَّاسِ وَلَا تَمْشِ فِي الْاَرْضِ مَرَحًا ۭ اِنَّ اللّٰهَ لَا يُحِبُّ كُلَّ مُخْتَالٍ فَخُوْرٍ 18

وَاقْصِدْ فِيْ مَشْيِكَ وَاغْضُضْ مِنْ صَوْتِكَ ۭ اِنَّ اَنْكَرَ الْاَصْوَاتِ لَصَوْتُ الْحَمِيْرِ 19

اَلَمْ تَرَوْا اَنَّ اللّٰهَ سَخَّرَ لَكُمْ مَّا فِي السَّمٰوٰتِ وَمَا فِي الْاَرْضِ وَاَسْبَغَ عَلَيْكُمْ نِعَمَهٗ ظَاهِرَةً وَّبَاطِنَةً ۭ وَمِنَ النَّاسِ مَنْ يُّجَادِلُ فِي اللّٰهِ بِغَيْرِ عِلْمٍ وَّلَا هُدًى وَّلَا كِتٰبٍ مُّنِيْرٍ 20

ਜਿਹੜੇ ਬਿਨਾਂ ਕਿਸੇ ਗਿਆਨ ਜਾਂ ਹਿਦਾਇਤ ਜਾਂ ਬਿਨਾਂ ਕਿਸੇ ਚਾਨਣ ਵਿਖਾਉਣ ਵਾਲੀ ਕਿਤਾਬ ਤੋਂ ਰੱਬ ਸੰਬੰਧੀ ਬਹਿਸਾਂ ਕਰਦੇ ਹਨ।

وَإِذَا قِيلَ لَهُمُ اتَّبِعُوا مَا أَنزَلَ اللَّهُ قَالُوا بَلْ نَتَّبِعُ مَا وَجَدْنَا عَلَيْهِ آبَاءَنَا ۚ أَوَلَوْ كَانَ الشَّيْطَانُ يَدْعُوهُمْ إِلَىٰ عَذَابِ السَّعِيرِ ﴿٢١﴾

21. ਜਦੋਂ ਉਹਨਾਂ (ਮੁਸ਼ਰਿਕਾਂ) ਨੂੰ ਕਿਹਾ ਜਾਂਦਾ ਹੈ ਕਿ ਜੋ ਅੱਲਾਹ ਨੇ ਉਤਾਰੀ ਹੈ ਉਸ (ਕੁਰਆਨ) ਦੀ ਹੀ ਪਾਲਣਾ ਕਰੋ ਤਾਂ ਆਖਦੇ ਹਨ ਕਿ ਅਸੀਂ ਤਾਂ ਉਹੀਓ ਕਰਾਂਗਾ ਜੋ ਅਸੀਂ ਆਪਣੇ ਪਿਓ ਦਾਦਿਆਂ (ਬਜ਼ੁਰਗਾਂ) ਨੂੰ ਕਰਦੇ ਵੇਖਿਆ ਹੈ। (ਉਹਨਾਂ ਨੂੰ ਪੁੱਛੋ ਕਿ) ਭਾਵੇਂ ਸ਼ੈਤਾਨ ਉਹਨਾਂ ਨੂੰ ਨਰਕ ਵੱਲ ਹੀ ਬੁਲਾਉਂਦਾ ਹੋਵੇ, ਕੀ ਫੇਰ ਵੀ? (ਉਸੇ ਚੀਜ਼ ਦੀ ਪਾਲਣਾ ਕਰੋਗੇ?)

وَمَن يُسْلِمْ وَجْهَهُ إِلَى اللَّهِ وَهُوَ مُحْسِنٌ فَقَدِ اسْتَمْسَكَ بِالْعُرْوَةِ الْوُثْقَىٰ ۗ وَإِلَى اللَّهِ عَاقِبَةُ الْأُمُورِ ﴿٢٢﴾

22. ਜਿਹੜਾ ਵਿਅਕਤੀ ਪਾਲਣਾ ਕਰਦੇ ਹੋਏ ਆਪਣਾ ਚਿਹਰਾ ਅੱਲਾਹ ਵੱਲ ਝੁਕਾ ਦੇਵੇ ਜਦ ਕਿ ਉਹ ਨੇਕ ਕੰਮ ਕਰਨ ਵਾਲਾ ਵੀ ਹੋਵੇ, ਵਾਸਤਵ ਵਿਚ ਉਸ ਨੇ ਇਕ ਭਰੋਸੇਯੋਗ ਆਸਰਾ ਫੜ ਲਿਆ ਹੈ। ਸਾਰੇ ਮਾਮਲਿਆਂ ਦਾ ਨਿਬੇੜਾ ਅੱਲਾਹ ਦੇ ਕੋਲ ਹੀ ਹੋਣਾ ਹੈ।

وَمَن كَفَرَ فَلَا يَحْزُنكَ كُفْرُهُ ۚ إِلَيْنَا مَرْجِعُهُمْ فَنُنَبِّئُهُم بِمَا عَمِلُوا ۚ إِنَّ اللَّهَ عَلِيمٌ بِذَاتِ الصُّدُورِ ﴿٢٣﴾

23. (ਹੇ ਨਬੀ!) ਜਿਹੜਾ (ਰੱਬੀ ਹਿਦਾਇਤਾਂ ਦਾ) ਇਨਕਾਰ ਕਰਦਾ ਹੈ, ਉਸ ਦੇ ਇਨਕਾਰ ਤੋਂ ਤੁਸੀਂ ਦੁਖੀ ਨਾ ਹੋਵੋ। ਅੰਤ ਉਹਨਾਂ ਨੇ ਪਰਤ ਕੇ ਆਉਣਾ ਤਾਂ ਸਾਡੇ ਵੱਲ ਹੀ ਹੈ। ਫੇਰ ਅਸੀਂ ਉਹਨਾਂ ਨੂੰ ਦੱਸਾਂਗੇ ਕਿ ਉਹ ਸੰਸਾਰ ਵਿਚ ਕੀ ਕੁੱਝ ਕਰਦੇ ਸੀ ਨਿਰਸੰਦੇਹ, ਅੱਲਾਹ ਦਿਲਾਂ ਦੇ ਭੇਤਾਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

نُمَتِّعُهُمْ قَلِيلًا ثُمَّ نَضْطَرُّهُمْ إِلَىٰ عَذَابٍ غَلِيظٍ ﴿٢٤﴾

24. ਅਸੀਂ ਉਹਨਾਂ (ਇਨਕਾਰੀਆਂ) ਨੂੰ ਇਸ ਸੰਸਾਰ ਵਿਚ ਥੋੜ੍ਹਾ ਜਿਹਾ ਲਾਭ ਦਿੰਦੇ ਹਾਂ, ਫੇਰ ਅਸੀਂ ਉਹਨਾਂ ਨੂੰ ਇਕ ਕਰੜੇ ਅਜ਼ਾਬ ਵੱਲ ਧੂਹ ਲੈ ਜਾਵਾਂਗੇ।

وَلَئِن سَأَلْتَهُم مَّنْ خَلَقَ السَّمَاوَاتِ وَالْأَرْضَ لَيَقُولُنَّ اللَّهُ ۚ قُلِ الْحَمْدُ لِلَّهِ ۚ بَلْ أَكْثَرُهُمْ لَا يَعْلَمُونَ ﴿٢٥﴾

25. ਜੇ ਤੁਸੀਂ ਇਹਨਾਂ ਨੂੰ ਪੁੱਛੋ ਕਿ ਅਕਾਸ਼ ਤੇ ਧਰਤੀ ਦੀ ਰਚਨਾ ਕਿਸ ਨੇ ਕੀਤੀ ਹੈ ਤਾਂ ਉਹ ਜ਼ਰੂਰ ਆਖਣਗੇ ਕਿ ਅੱਲਾਹ ਨੇ। (ਹੇ ਨਬੀ!) ਤੁਸੀਂ ਆਖੋ

ਕਿ ਸਾਰੀਆਂ ਤਾਰੀਫ਼ਾਂ ਅੱਲਾਹ ਨੂੰ ਹੀ ਸ਼ੋਭਦੀਆਂ ਹਨ ਪਰ ਉਹਨਾਂ ਵਿੱਚੋਂ ਵਧੇਰੇ ਲੋਕ (ਇਹ ਗੱਲ) ਜਾਣਦੇ ਹੀ ਨਹੀਂ।

26 ਅਕਾਸ਼ਾਂ ਤੇ ਧਰਤੀ ਵਿਚ ਜੋ ਵੀ ਹੈ ਉਹ ਸਭ ਅੱਲਾਹ ਦਾ ਹੀ ਹੈ। ਬੇਸ਼ੱਕ ਅੱਲਾਹ (ਆਪਣੀ ਪ੍ਰਸ਼ੰਸਾ ਤੋਂ) ਬੇਪਰਵਾਹ ਹੈ, ਤੇ ਆਪ ਆਪ ਸਲਾਹਿਆ ਹੋਇਆ ਹੈ।

لِلّٰهِ مَا فِي السَّمٰوٰتِ وَالْاَرْضِ ۭ اِنَّ اللّٰهَ هُوَ الْغَنِيُّ
الْحَمِيْدُ (26)

27 ਜੇ ਧਰਤੀ ਦੇ (ਸਾਰੇ) ਰੁੱਖਾਂ ਦੀਆਂ ਕ਼ਲਮਾਂ ਬਣ ਜਾਣ ਅਤੇ ਸਾਰੇ ਸਮੁੰਦਰਾਂ (ਦੇ ਪਾਣੀ) ਦੀ ਸਿਆਹੀ ਬਣ ਜਾਵੇ ਅਤੇ ਉਹਨਾਂ ਦੇ ਨਾਲ ਹੀ ਸੱਤ ਸਮੁੰਦਰ ਹੋਰ ਸਿਆਹੀ ਜੁਟਾਉਣ ਫੇਰ ਵੀ ਅੱਲਾਹ ਦੀਆਂ ਗੱਲਾਂ (ਲਿਖਣੋਂ) ਖ਼ਤਮ ਨਹੀਂ ਹੋਣਗੀਆਂ। ਬੇਸ਼ੱਕ ਅੱਲਾਹ ਬਹੁਤਾ ਜ਼ੋਰਾਵਰ ਤੇ ਹਿਕਮਤ ਵਾਲਾ (ਦਾਨਾਈ ਤੇ ਸੂਝ-ਬੂਝ) ਵਾਲਾ ਹੈ।

وَلَوْ اَنَّ مَا فِي الْاَرْضِ مِنْ شَجَرَةٍ اَقْلَامٌ وَّالْبَحْرُ
يَمُدُّهٗ مِنْۢ بَعْدِهٖ سَبْعَةُ اَبْحُرٍ مَّا نَفِدَتْ
كَلِمٰتُ اللّٰهِ ۭ اِنَّ اللّٰهَ عَزِيْزٌ حَكِيْمٌ (27)

28. ਤੁਹਾਨੂੰ ਸਭ ਨੂੰ ਪੈਦਾ ਕਰਨਾ ਅਤੇ ਮੁੜ ਸੁਰਜੀਤ ਕਰਨਾ (ਅੱਲਾਹ ਲਈ) ਤਾਂ ਇੰਜ ਹੈ ਜਿਵੇਂ ਕਿਸੇ ਇਕ ਜੀ ਨੂੰ ਪੈਦਾ ਕਰਨਾ। ਬੇਸ਼ੱਕ ਅੱਲਾਹ ਸਭ ਕੁੱਝ ਸੁਣਨ ਤੇ ਵੇਖਣ ਵਾਲਾ ਹੈ।

مَا خَلْقُكُمْ وَلَا بَعْثُكُمْ اِلَّا كَنَفْسٍ وَّاحِدَةٍ ۭ
اِنَّ اللّٰهَ سَمِيْعٌۢ بَصِيْرٌ (28)

29. ਕੀ ਤੁਸੀਂ ਨਹੀਂ ਵੇਖਦੇ ਕਿ ਅੱਲਾਹ ਰਾਤ ਨੂੰ ਦਿਨ ਵਿਚ ਤੇ ਦਿਨ ਨੂੰ ਰਾਤ ਵਿਚ ਦਾਖ਼ਲ ਕਰਦਾ ਹੈ? ਸੂਰਜ ਤੇ ਚੰਨ ਨੂੰ ਉਸੇ ਨੇ ਕੰਮ 'ਤੇ ਲਾ ਰੱਖਿਆ ਹੈ ਤੇ ਹਰੇਕ (ਅੱਲਾਹ ਵੱਲੋਂ) ਨਿਰਧਾਰਿਤ ਸਮੇਂ ਤਕ ਚਲਦਾ ਰਹੇਗਾ। ਬੇਸ਼ੱਕ ਅੱਲਾਹ ਹਰ ਉਸ ਕੰਮ ਤੋਂ, ਜੋ ਵੀ ਤੁਸੀਂ ਕਰਦੇ ਹੋ, ਭਲੀ-ਭਾਂਤ ਜਾਣੂ ਹੈ।

اَلَمْ تَرَ اَنَّ اللّٰهَ يُوْلِجُ الَّيْلَ فِي النَّهَارِ وَيُوْلِجُ النَّهَارَ
فِي الَّيْلِ وَسَخَّرَ الشَّمْسَ وَالْقَمَرَ ۡ كُلٌّ يَّجْرِيْٓ اِلٰٓى
اَجَلٍ مُّسَمًّى وَّاَنَّ اللّٰهَ بِمَا تَعْمَلُوْنَ خَبِيْرٌ (29)

30. ਇਹ ਸਭ ਇਸ ਲਈ (ਦੱਸਿਆ ਜਾਂਦਾ ਹੈ) ਹੈ ਕਿ ਅੱਲਾਹ ਹੀ ਹੱਕ ਹੈ ਅਤੇ ਬੇਸ਼ੱਕ ਉਸ (ਅੱਲਾਹ) ਨੂੰ ਛੱਡ ਕੇ ਜਿਨ੍ਹਾਂ (ਇਸ਼ਟਾਂ) ਨੂੰ ਇਹ (ਕਾਫ਼ਿਰ)

ذٰلِكَ بِاَنَّ اللّٰهَ هُوَ الْحَقُّ وَاَنَّ مَا يَدْعُوْنَ مِنْ
دُوْنِهِ الْبَاطِلُ ۙ وَاَنَّ اللّٰهَ هُوَ الْعَلِيُّ الْكَبِيْرُ (30)

ਪੁਕਾਰਦੇ ਹਨ ਉਹ ਸਭ ਝੂਠੇ ਹਨ। ਬੇਸ਼ੱਕ ਅੱਲਾਹ ਹੀ ਉੱਚੀਆਂ ਸ਼ਾਨਾਂ ਵਾਲਾ ਤੇ ਸਭ ਤੋਂ ਵੱਡਾ ਹੈ।

31. ਕੀ ਤੁਸੀਂ ਇਸ 'ਤੇ ਵਿਚਾਰ ਨਹੀਂ ਕਰਦੇ ਕਿ ਬੇਸ਼ੱਕ ਸਮੁੰਦਰਾਂ ਵਿਚ ਬੇੜੀਆਂ ਅੱਲਾਹ ਦੀ ਮਿਹਰਬਾਨੀਆਂ ਨਾਲ ਹੀ ਚਲਦੀਆਂ ਹਨ ਤਾਂ ਜੋ ਉਹ ਤੁਹਾਨੂੰ ਆਪਣੀ (ਕੁਦਰਤ ਦੀਆਂ) ਨਿਸ਼ਾਨੀਆਂ ਵਿਖਾਵੇ। ਨਿਰਸੰਦੇਹ, ਇਸ ਵਿਚ ਹਰ ਸਬਰ ਤੇ ਸ਼ੁਕਰ ਕਰਨ ਵਾਲੇ ਲਈ ਨਿਸ਼ਾਨੀਆਂ ਹਨ।

أَلَمْ تَرَ أَنَّ الْفُلْكَ تَجْرِي فِي الْبَحْرِ بِنِعْمَتِ اللَّهِ لِيُرِيَكُمْ مِنْ آيَاتِهِ ۚ إِنَّ فِي ذَٰلِكَ لَآيَاتٍ لِكُلِّ صَبَّارٍ شَكُورٍ ٣١

32. ਜਦੋਂ ਸਮੁੰਦਰ ਦੀਆਂ ਛੱਲਾਂ ਛਤਰ੍ਹਾਂ ਵਾਂਗ ਉਹਨਾਂ ਉੱਤੇ ਛਾ ਜਾਂਦੀਆਂ ਹਨ ਤਾਂ ਫੇਰ ਉਹ (ਬੇੜੀ ਚਾਲਕ) ਖ਼ਾਲਿਸ ਈਮਾਨ ਰੱਖਦਾ ਹੋਇਆ ਅੱਲਾਹ ਨੂੰ ਹੀ ਪੁਕਾਰਦਾ ਹੈ। ਫੇਰ ਜਦੋਂ ਉਹ (ਅੱਲਾਹ) ਉਸ ਨੂੰ ਬਚਾ ਕੇ ਥਲ ਤਕ ਪਹੁੰਚਾ ਦਿੰਦਾ ਹੈ ਤਾਂ ਉਹਨਾਂ ਵਿਚ ਕੁੱਝ ਹੀ ਲੋਕ ਆਪਣੇ ਵਚਨਾਂ 'ਤੇ ਕਾਇਮ ਰਹਿੰਦੇ ਹਨ। ਸਾਡੀਆਂ ਆਇਤਾਂ (ਨਿਸ਼ਾਨੀਆਂ) ਦਾ ਇਨਕਾਰ ਕੇਵਲ ਉਹੀਓ ਕਰਦਾ ਹੈ, ਜਿਹੜਾ ਦਿੱਤੇ ਵਚਨਾਂ ਨੂੰ ਤੋੜਨ ਵਾਲਾ ਤੇ ਨਾ ਸ਼ੁਕਰਾ ਹੈ।[1]

وَإِذَا غَشِيَهُمْ مَوْجٌ كَالظُّلَلِ دَعَوُا اللَّهَ مُخْلِصِينَ لَهُ الدِّينَ فَلَمَّا نَجَّاهُمْ إِلَى الْبَرِّ فَمِنْهُمْ مُقْتَصِدٌ ۚ وَمَا يَجْحَدُ بِآيَاتِنَا إِلَّا كُلُّ خَتَّارٍ كَفُورٍ ٣٢

33. (ਹੇ ਲੋਕੋ!) ਆਪਣੇ ਰੱਬ (ਦੀ ਕਰੋਪੀ) ਤੋਂ ਡਰੋ ਅਤੇ ਉਸ ਦਿਨ ਤੋਂ ਡਰੋ ਜਦੋਂ ਕੋਈ ਪਿਓ ਆਪਣੇ ਸੰਤਾਨ ਦੇ ਕਿਸੇ ਕੰਮ ਨਹੀਂ ਆਵੇਗਾ ਅਤੇ ਨਾ ਹੀ ਸੰਤਾਨ ਆਪਣੇ ਪਿਓ ਦੇ ਕੁੱਝ ਕੰਮ ਆਵੇਗੀ। ਬੇਸ਼ੱਕ ਅੱਲਾਹ ਦਾ ਵਾਅਦਾ (ਕਿਆਮਤ ਆਉਣ ਦਾ) ਸੱਚਾ ਹੈ। ਸੋ ਇਹ ਸੰਸਾਰਿਕ ਜੀਵਨ ਤੁਹਾਨੂੰ ਕਿਸੇ ਧੋਖੇ ਵਿਚ ਨਾ ਪਾ ਦੇਵੇ ਅਤੇ ਨਾ ਧੋਖੇਬਾਜ਼ (ਸ਼ੈਤਾਨ) ਤੁਹਾਨੂੰ ਅੱਲਾਹ ਪ੍ਰਤੀ ਕਿਸੇ ਧੋਖੇ ਵਿਚ ਪਾ ਦੇਵੇ।

يَا أَيُّهَا النَّاسُ اتَّقُوا رَبَّكُمْ وَاخْشَوْا يَوْمًا لَا يَجْزِي وَالِدٌ عَنْ وَلَدِهِ وَلَا مَوْلُودٌ هُوَ جَازٍ عَنْ وَالِدِهِ شَيْئًا ۚ إِنَّ وَعْدَ اللَّهِ حَقٌّ ۖ فَلَا تَغُرَّنَّكُمُ الْحَيَاةُ الدُّنْيَا وَلَا يَغُرَّنَّكُمْ بِاللَّهِ الْغَرُورُ ٣٣

---

[1] ਵੇਖੋ ਸੂਰਤ ਬਨੀ ਇਸਰਾਈਲ, ਹਾਸ਼ੀਆ ਆਇਤ 67/17

34 ਬੇਸ਼ੱਕ ਕਿਆਮਤ ਦਾ ਗਿਆਨ ਅੱਲਾਹ ਦੇ ਕੋਲ ਹੀ ਹੈ। ਉਹੀ ਬਰਖਾ ਵਰ੍ਹਾਉਂਦਾ ਹੈ ਅਤੇ ਉਹੀਓ ਜਾਣਦਾ ਹੈ ਕਿ ਮਾਵਾਂ ਦੇ ਗਰਭਾਂ ਵਿਚ ਕੀ (ਪਲ ਰਿਹਾ) ਹੈ? ਕੋਈ ਨਹੀਂ ਜਾਣਦਾ ਕਿ ਕੱਲ ਉਹ ਕੀ ਕਰਨ ਵਾਲਾ ਹੈ ਤੇ ਨਾ ਕਿਸੇ ਨੂੰ ਇਹ ਪਤਾ ਹੈ ਕਿ ਕਿਸ ਧਰਤੀ ਉੱਤੇ ਉਸ ਨੂੰ ਮੌਤ ਆਵੇਗੀ। (ਜਾਣ ਲਵੋ ਕਿ) ਬੇਸ਼ੱਕ ਅੱਲਾਹ ਹੀ ਸਾਰਾ ਕੁੱਝ ਜਾਣਦਾ ਹੈ ਤੇ ਹਰ ਚੀਜ਼ ਦੀ ਖ਼ਬਰ ਰਖਦਾ ਹੈ।

إِنَّ اللَّهَ عِندَهُ عِلْمُ السَّاعَةِ وَيُنَزِّلُ الْغَيْثَ وَيَعْلَمُ مَا فِي الْأَرْحَامِ وَمَا تَدْرِي نَفْسٌ مَّاذَا تَكْسِبُ غَدًا وَمَا تَدْرِي نَفْسٌ بِأَيِّ أَرْضٍ تَمُوتُ إِنَّ اللَّهَ عَلِيمٌ خَبِيرٌ 34

32. ਸੂਰਤ ਅਸ-ਸਜਦਾ (ਮੱਕੀ-75)

سُورَةُ السَّجْدَةِ

(ਆਇਤਾਂ 30, ਰੁਕੂਅ 3)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਅਲਿਫ਼, ਲਾਮ, ਮੀਮ।

الم 1

2. ਨਿਰਸੰਦੇਹ, ਇਹ ਕਿਤਾਬ (ਕ਼ੁਰਆਨ) ਸਾਰੇ ਜਗ ਦੇ ਪਾਲਣਹਾਰ ਵੱਲੋਂ ਉਤਾਰੀ ਗਈ ਹੈ।

تَنزِيلُ الْكِتَابِ لَا رَيْبَ فِيهِ مِن رَّبِّ
الْعَالَمِينَ 2

3 ਕੀ ਉਹ (ਮੱਕੇ ਦੇ ਕਾਫ਼ਿਰ) ਆਖਦੇ ਹਨ ਕਿ ਇਸ (ਕ਼ੁਰਆਨ) ਨੂੰ ਨਬੀ ਨੇ ਆਪੇ ਹੀ ਘੜ ਲਿਆ ਹੈ? (ਨਹੀਂ) ਸਗੋਂ (ਹੇ ਨਬੀ!) ਇਹ ਤਾਂ ਤੁਹਾਡੇ ਰੱਬ ਵੱਲੋਂ ਹੱਕ ਸੱਚ ('ਤੇ ਆਧਾਰਿਤ) ਹੈ ਤਾਂ ਜੋ ਤੁਸੀਂ ਉਹਨਾਂ (ਲੋਕਾਂ) ਨੂੰ (ਰੱਬ ਦੀ ਸਜ਼ਾ ਤੋਂ) ਸਾਵਧਾਨ ਕਰੋ ਜਿਨ੍ਹਾਂ ਕੋਲ ਤੁਹਾਥੋਂ ਪਹਿਲਾਂ ਕੋਈ ਵੀ ਸਾਵਧਾਨ ਕਰਨ ਵਾਲਾ ਨਹੀਂ ਆਇਆ, ਸ਼ਾਇਦ ਉਹ ਸਿੱਧੇ ਰਾਹ ਪੈ

أَمْ يَقُولُونَ افْتَرَاهُ بَلْ هُوَ الْحَقُّ مِن رَّبِّكَ
لِتُنذِرَ قَوْمًا مَّا أَتَاهُم مِّن نَّذِيرٍ مِّن قَبْلِكَ
لَعَلَّهُمْ يَهْتَدُونَ 3

4 ਅੱਲਾਹ ਉਹ ਹੈ ਜਿਸਨੇ ਅਕਾਸ਼ ਤੇ ਧਰਤੀ ਨੂੰ ਅਤੇ ਜੋ ਕੁੱਝ ਵੀ ਇਹਨਾ ਦੇ ਵਿਚਾਲੇ ਹੈ, ਛੇ ਦਿਨਾਂ ਵਿਚ ਸਾਜਿਆ ਹੈ। ਫੇਰ ਉਹ ਅਰਸ਼ ਦੇ ਸਿੰਘਾਸਨ ਉੱਤੇ ਵਿਰਾਜਮਾਨ ਹੋਇਆ। ਉਸ ਤੋਂ ਛੁੱਟ ਨਾ ਕੋਈ ਤੁਹਾਡਾ ਸਹਾਈ ਹੈ ਅਤੇ ਨਾ ਹੀ ਸਿਫ਼ਾਰਸ਼ੀ। ਕੀ ਤੁਸੀਂ ਫੇਰ ਵੀ ਨਸੀਹਤ ਗ੍ਰਹਿਣ ਨਹੀਂ ਕਰਦੇ?

ٱللَّهُ ٱلَّذِي خَلَقَ ٱلسَّمَٰوَٰتِ وَٱلْأَرْضَ وَمَا بَيْنَهُمَا فِي سِتَّةِ أَيَّامٍ ثُمَّ ٱسْتَوَىٰ عَلَى ٱلْعَرْشِ ۖ مَا لَكُم مِّن دُونِهِۦ مِن وَلِيٍّ وَلَا شَفِيعٍ ۚ أَفَلَا تَتَذَكَّرُونَ ۝٤

5. ਉਹ ਅਕਾਸ਼ ਤੋਂ ਲੈ ਕੇ ਧਰਤੀ ਤਕ (ਭਾਵ ਸੰਸਾਰ) ਦੇ ਸਾਰੇ ਮਾਮਲਿਆਂ ਦਾ ਸੰਚਾਲਨ ਕਰਦਾ ਹੈ ਅਤੇ ਇਕ ਦਿਨ, ਜਿਹੜਾ ਤੁਹਾਡੇ ਇਕ ਹਜ਼ਾਰ ਸਾਲ ਦੇ ਬਰਾਬਰ ਹੈ, ਉਹ ਮਾਮਲਾ ਉਸ ਕੋਲ (ਅਕਾਸ਼ 'ਤੇ ਚੜ੍ਹ) ਜਾਂਦਾ ਹੈ।

يُدَبِّرُ ٱلْأَمْرَ مِنَ ٱلسَّمَآءِ إِلَى ٱلْأَرْضِ ثُمَّ يَعْرُجُ إِلَيْهِ فِي يَوْمٍ كَانَ مِقْدَارُهُۥٓ أَلْفَ سَنَةٍ مِّمَّا تَعُدُّونَ ۝٥

6. ਉਹ (ਅੱਲਾਹ) ਤੁਹਾਡੀਆਂ ਗੁੱਪਤ ਤੇ ਖੁੱਲ੍ਹੀਆਂ ਗੱਲਾਂ ਦਾ ਜਾਣਨ ਵਾਲਾ ਹੈ। ਉਹ ਡਾਢਾ ਜ਼ੋਰਾਵਰ ਤੇ ਅਤਿ ਰਹਿਮ ਫ਼ਰਮਾਉਣ ਵਾਲਾ ਹੈ।

ذَٰلِكَ عَٰلِمُ ٱلْغَيْبِ وَٱلشَّهَٰدَةِ ٱلْعَزِيزُ ٱلرَّحِيمُ ۝٦

7. ਜਿਸ ਨੇ ਹਰੇਕ ਚੀਜ਼ ਨੂੰ ਸੋਹਣੇ ਢੰਗ ਨਾਲ ਸਾਜਿਆ ਅਤੇ ਮਨੁੱਖ ਦੀ ਰਚਨਾ ਮਿੱਟੀ ਤੋਂ ਆਰੰਭ ਕੀਤਾ।

ٱلَّذِيٓ أَحْسَنَ كُلَّ شَيْءٍ خَلَقَهُۥ ۖ وَبَدَأَ خَلْقَ ٱلْإِنسَٰنِ مِن طِينٍ ۝٧

8. ਫੇਰ ਉਸ (ਮਨੁੱਖ ਭਾਵ ਆਦਮ) ਦੀ ਨਸਲ ਇਕ ਤੁੱਛ ਜਿਹੇ ਪਾਣੀ ਦੇ ਨਚੋੜ (ਵੀਰਜ) ਤੋਂ ਚਲਾਈ।

ثُمَّ جَعَلَ نَسْلَهُۥ مِن سُلَٰلَةٍ مِّن مَّآءٍ مَّهِينٍ ۝٨

9. ਫੇਰ ਉਸ (ਦੇ ਅੰਗਾਂ) ਨੂੰ ਠੀਕ ਕੀਤਾ ਅਤੇ ਉਸ ਵਿਚ ਆਪਣੀ ਰੂਹ ਫੂੰਕੀ (ਭਾਵ ਜਾਨ ਪਾ ਦਿੱਤੀ)। ਉਸੇ (ਅੱਲਾਹ) ਨੇ ਤੁਹਾਡੇ ਕੰਨ, ਅੱਖਾਂ ਤੇ ਦਿਲ ਬਣਾਏ, ਪਰ ਤੁਸੀਂ ਬਹੁਤ ਹੀ ਘੱਟ ਧੰਨਵਾਦੀ ਹੁੰਦੇ ਹੋ।

ثُمَّ سَوَّىٰهُ وَنَفَخَ فِيهِ مِن رُّوحِهِۦ ۖ وَجَعَلَ لَكُمُ ٱلسَّمْعَ وَٱلْأَبْصَٰرَ وَٱلْأَفْـِٔدَةَ ۚ قَلِيلًا مَّا تَشْكُرُونَ ۝٩

10. ਅਤੇ ਉਹਨਾਂ (ਕਾਫ਼ਿਰ) ਲੋਕਾਂ ਨੇ ਕਿਹਾ ਕਿ ਜਦੋਂ ਅਸੀਂ ਮਿੱਟੀ ਵਿਚ ਰਲ-ਮਿਲ ਜਾਵਾਂਗੇ ਤਾਂ

وَقَالُوٓا۟ أَءِذَا ضَلَلْنَا فِي ٱلْأَرْضِ أَءِنَّا لَفِي خَلْقٍ جَدِيدٍ ۚ بَلْ هُم بِلِقَآءِ رَبِّهِمْ كَٰفِرُونَ ۝١٠

ਕੀ ਅਸੀਂ ਨਵੀਂ ਜੀਵਨੀ ਵਿਚ ਪ੍ਰਗਟ ਹੋਵਾਂਗੇ? (ਨਹੀਂ) ਹੇ ਨਬੀ! ਸਗੋਂ ਉਹ ਤਾਂ ਆਪਣੇ ਪਾਲਣਹਾਰ ਦੇ ਮਿਲਣ ਤੋਂ ਹੀ ਇਨਕਾਰ ਕਰਦੇ ਹਨ।

11. (ਹੇ ਨਬੀ!) ਤੁਸੀਂ ਉਹਨਾਂ (ਇਨਕਾਰੀਆਂ) ਨੂੰ ਕਹਿ ਦਿਓ ਕਿ ਮੌਤ ਦਾ ਫ਼ਰਿਸ਼ਤਾ (ਇਜ਼ਰਾਈਲ) ਤੁਹਾਡੀ ਜਾਨ ਕੱਢੇਗਾ ਜਿਹੜਾ ਤੁਹਾਡੇ 'ਤੇ ਨਿਯੁਕਤ ਕੀਤਾ ਹੋਇਆ ਹੈ, ਫੇਰ ਤੁਸੀਂ ਸਾਰੇ ਆਪਣੇ ਰੱਬ ਵੱਲ ਹੀ ਪਰਤਾਏ ਜਾਵੋਗੇ।

قُلْ يَتَوَفَّاكُمْ مَلَكُ الْمَوْتِ الَّذِي وُكِّلَ بِكُمْ ثُمَّ إِلَىٰ رَبِّكُمْ تُرْجَعُونَ (11)

12. ਹੇ ਨਬੀ! ਕਾਸ਼, ਤੁਸੀਂ ਵੀ ਵੇਖਦੇ ਜਦੋਂ ਪਾਪੀ ਆਪਣੇ ਰੱਬ ਅੱਗੇ ਨੀਵੀਂ ਪਾਈਂ ਖੜੇ ਹੋਣਗੇ। ਉਹ ਆਖਣਗੇ ਕਿ ਹੇ ਸਾਡੇ ਰੱਬਾ! ਅਸੀਂ ਇਸ (ਕਿਆਮਤ ਦਿਹਾੜੇ) ਨੂੰ ਵੇਖ ਲਿਆ ਅਤੇ ਸੁਣ ਵੀ ਲਿਆ, ਹੁਣ ਤੂੰ ਸਾਨੂੰ ਮੁੜ (ਧਰਤੀ 'ਤੇ) ਭੇਜ ਦੇ ਹੁਣ ਅਸੀਂ ਭਲੇ ਕੰਮ ਕਰਾਂਗੇ, ਸਾਨੂੰ ਯਕੀਨ ਹੋ ਗਿਆ ਹੈ (ਕਿ ਤੇਰੇ ਨਬੀ ਦੀਆਂ ਗੱਲਾਂ ਸੱਚੀਆਂ ਸਨ)।

وَلَوْ تَرَىٰ إِذِ الْمُجْرِمُونَ نَاكِسُو رُءُوسِهِمْ عِنْدَ رَبِّهِمْ رَبَّنَا أَبْصَرْنَا وَسَمِعْنَا فَارْجِعْنَا نَعْمَلْ صَالِحًا إِنَّا مُوقِنُونَ (12)

13. ਜੇਕਰ ਅਸੀਂ (ਅੱਲਾਹ) ਚਾਹੁੰਦੇ ਤਾਂ ਹਰੇਕ ਵਿਅਕਤੀ ਨੂੰ ਸਿੱਧਾ ਰਾਹ ਦਰਸਾਉਂਦੇ ਪਰ ਮੇਰੇ ਲਈ ਇਹ ਗੱਲ ਸੱਚ ਸਾਬਤ ਹੋ ਗਈ (ਜਿਹੜੀ ਮੈਂ ਆਖੀ ਸੀ) ਕਿ ਮੈਂ ਨਰਕ ਨੂੰ ਮਨੁੱਖਾਂ ਤੇ ਜਿੰਨਾਂ ਨਾਲ ਜ਼ਰੂਰ ਹੀ ਭਰ ਦੇਵਾਂਗਾ।

وَلَوْ شِئْنَا لَآتَيْنَا كُلَّ نَفْسٍ هُدَاهَا وَلَٰكِنْ حَقَّ الْقَوْلُ مِنِّي لَأَمْلَأَنَّ جَهَنَّمَ مِنَ الْجِنَّةِ وَالنَّاسِ أَجْمَعِينَ (13)

14. ਸੋ (ਹੇ ਇਨਕਾਰੀਓ!) ਹੁਣ ਤੁਸੀਂ ਅਜ਼ਾਬ ਦਾ ਸੁਆਦ ਲਵੋ ਇਸ ਲਈ ਕਿ ਤੁਸੀਂ ਇਸ ਦਿਨ ਦੀ ਮਿਲਣੀ (ਕਿਆਮਤ) ਨੂੰ ਭੁਲਾ ਬੈਠੇ ਸੀ, ਸੋ ਅੱਜ ਅਸਾਂ ਵੀ ਤੁਹਾਨੂੰ ਭੁਲਾ ਛੱਡਿਆ ਹੈ ਅਤੇ ਜੋ ਬੁਰੇ ਕੰਮ ਤੁਸੀਂ ਕਰਦੇ ਸੀ ਉਹਨਾਂ ਕਾਰਨ ਤੁਸੀਂ ਸਦੀਵੀ ਸਜ਼ਾ ਦਾ ਸੁਆਦ ਲਵੋ।

فَذُوقُوا بِمَا نَسِيتُمْ لِقَاءَ يَوْمِكُمْ هَٰذَا إِنَّا نَسِينَاكُمْ وَذُوقُوا عَذَابَ الْخُلْدِ بِمَا كُنْتُمْ تَعْمَلُونَ (14)

إِنَّمَا يُؤْمِنُ بِآيَاتِنَا الَّذِينَ إِذَا ذُكِّرُوا بِهَا خَرُّوا سُجَّدًا وَسَبَّحُوا بِحَمْدِ رَبِّهِمْ وَهُمْ لَا يَسْتَكْبِرُونَ ۩ ﴿١٥﴾

15. ਸਾਡੀਆਂ ਆਇਤਾਂ (ਹੁਕਮਾਂ) ਨੂੰ ਤਾਂ ਉਹੀਓ ਲੋਕ ਮੰਨਦੇ ਹਨ ਕਿ ਜਦੋਂ ਉਹਨਾਂ ਨੂੰ ਇਹਨਾਂ ਆਇਤਾਂ ਰਾਹੀਂ ਨਸੀਹਤ ਕੀਤੀ ਜਾਂਦੀ ਹੈ ਤਾਂ ਉਹ ਸਿਜਦੇ ਵਿਚ ਡਿਗ ਪੈਂਦੇ ਹਨ (ਭਾਵ ਆਗਿਆ ਦੀ ਪਾਲਣ ਕਰਦੇ ਹਨ) ਅਤੇ ਆਪਣੇ ਰੱਬ ਦੇ ਪ੍ਰਸ਼ੰਸਾ ਦੇ ਨਾਲੋਂ ਨਾਲ ਉਸ ਦੀ ਪਵਿੱਤਰਤਾ ਦੀ ਬਿਆਨ ਕਰਦੇ ਹਨ। ਉਹ ਝੁਕਣ ਵਿਚ ਘਮੰਡ ਨਹੀਂ ਕਰਦੇ।

تَتَجَافَىٰ جُنُوبُهُمْ عَنِ الْمَضَاجِعِ يَدْعُونَ رَبَّهُمْ خَوْفًا وَطَمَعًا وَمِمَّا رَزَقْنَاهُمْ يُنْفِقُونَ ﴿١٦﴾

16. ਉਹਨਾਂ ਦੀਆਂ ਪਿੱਠਾਂ ਆਪਣੇ ਬਿਸਤਰਿਆਂ ਤੋਂ ਅੱਡ ਰਹਿੰਦੀਆਂ ਹਨ[2] (ਭਾਵ ਉਹ ਰਾਤਾਂ ਨੂੰ ਸੌਂਦੇ ਨਹੀਂ ਸਗੋਂ) ਅਤੇ ਆਪਣੇ ਰੱਬ ਤੋਂ ਡਰਦੇ ਹੋਏ ਅਤੇ (ਮਿਹਰਾਂ ਦੀਆਂ) ਆਸਾਂ ਰੱਖਦੇ ਹੋਏ (ਰਾਤ ਵੇਲੇ ਮੁਆਫ਼ੀ ਲਈ) ਬੇਨਤੀਆਂ ਕਰਦੇ ਹਨ ਅਤੇ ਜੋ ਕੁੱਝ ਵੀ ਅਸੀਂ ਉਹਨਾਂ ਨੂੰ (ਧਨ ਦੌਲਤ) ਦਿੱਤਾ ਹੋਇਆ ਹੈ ਉਸ ਨੂੰ ਉਹ (ਰੱਬ ਦੇ ਹੁਕਮਾਂ ਅਨੁਸਾਰ ਹੀ) ਖ਼ਰਚ ਕਰਦੇ ਹਨ।

فَلَا تَعْلَمُ نَفْسٌ مَا أُخْفِيَ لَهُمْ مِنْ قُرَّةِ أَعْيُنٍ جَزَاءً بِمَا كَانُوا يَعْمَلُونَ ﴿١٧﴾

17. ਕੋਈ ਵੀ (ਈਮਾਨ 'ਤੇ ਨੇਕ ਕਰਮ ਕਰਨ ਵਾਲਾ) ਵਿਅਕਤੀ ਨਹੀਂ ਜਾਣਦਾ ਕਿ ਉਸ ਦੇ ਕਰਮਾਂ ਦੇ ਬਦਲੇ ਉਸ ਦੀਆਂ ਅੱਖਾਂ ਠੰਡੀਆਂ ਕਰਨ ਲਈ (ਰੱਬ ਨੇ) ਕੀ ਕੁੱਝ ਲੁਕੋ ਕੇ ਰੱਖਿਆ ਹੋਇਆ ਹੈ।

أَفَمَنْ كَانَ مُؤْمِنًا كَمَنْ كَانَ فَاسِقًا ۚ لَا يَسْتَوُونَ ﴿١٨﴾

18. ਕੀ ਮੋਮਿਨ ਵੀ ਫ਼ਾਸਿਕ (ਝੂਠੇ) ਵਾਂਗ ਹੋ ਸਕਦਾ ਹੈ? ਇਹ ਦੋਵੇਂ ਇਕ ਸਮਾਨ ਨਹੀਂ ਹੋ ਸਕਦੇ।

أَمَّا الَّذِينَ آمَنُوا وَعَمِلُوا الصَّالِحَاتِ فَلَهُمْ جَنَّاتُ الْمَأْوَىٰ نُزُلًا بِمَا كَانُوا يَعْمَلُونَ ﴿١٩﴾

19. ਪਰ ਜਿਹੜੇ ਲੋਕ ਈਮਾਨ ਲਿਆਏ ਅਤੇ ਉਹਨਾਂ ਨੇ ਕਰਮ ਵੀ ਚੰਗੇ ਹੀ ਕੀਤੇ ਉਹਨਾਂ ਦੇ ਰਹਿਣ ਲਈ ਬਾਗ਼ ਹਨ, ਇਹ ਮਹਿਮਾਨਦਾਰੀ

---

[1] ਵੇਖੋ ਸੂਰਤ ਅਲ-ਹੱਜ, ਹਾਸ਼ੀਆ ਆਇਤ 9/22

[2] ਇਕ ਹਦੀਸ ਵਿਚ ਹੈ ਕਿ ਅੱਲਾਹ ਦੇ ਨੇਕ ਬੰਦੇ ਰਾਤ ਦੇ ਆਖ਼ਰੀ ਤਿਹਾਈ ਹਿੱਸੇ ਵਿਚ ਨਮਾਜ਼ ਪੜ੍ਹਦੇ ਹਨ, ਆਪ (ਸ:) ਨੇ ਇਹ ਆਇਤ ਤਿਲਾਵਤ ਫ਼ਰਮਾਈ ਕਿ ਉਨ੍ਹਾਂ ਦੀਆਂ ਪਿੱਠਾਂ ਬਿਸਤਰਿਆਂ ਤੋਂ ਅੱਡ ਰਹਿੰਦੀਆਂ ਹਨ। (ਜਾਮੇ ਤਿਰਮਜ਼ੀ, ਹਦੀਸ: 2616)

(ਆਓ ਭਗਤ) ਉਹਨਾਂ ਕਰਮਾਂ ਦੇ ਬਦਲੇ ਵਿਚ ਹੈ ਜਿਹੜੇ ਉਹ ਕਰਿਆ ਕਰਦੇ ਸਨ।

20. ਪਰ ਜਿਨ੍ਹਾਂ ਲੋਕਾਂ ਨੇ ਨਾ-ਫ਼ਰਮਾਨੀ ਕੀਤੀ ਉਹਨਾਂ ਦਾ ਟਿਕਾਣਾ ਨਰਕ ਹੈ, ਜਦੋਂ ਵੀ ਉਹ ਉਸ ਵਿੱਚੋਂ ਬਾਹਰ ਆਉਣਾ ਚਾਹੁਣਗੇ ਉਸੇ ਵਿਚ ਧਕੇਲ ਦਿੱਤੇ ਜਾਣਗੇ ਅਤੇ ਕਿਹਾ ਜਾਵੇਗਾ ਕਿ (ਰੱਬ ਤੇ ਉਸ ਦੇ ਰਸੂਲ ਨੂੰ) ਝੁਠਲਾਉਣ ਦੇ ਬਦਲੇ ਵਿਚ ਅੱਗ ਦਾ ਸੁਆਦ ਲਵੋ।

وَاَمَّا الَّذِيْنَ فَسَقُوْا فَمَاْوٰىهُمُ النَّارُ ؕ كُلَّمَاۤ اَرَادُوْۤا
اَنْ يَّخْرُجُوْا مِنْهَاۤ اُعِيْدُوْا فِيْهَا وَقِيْلَ لَهُمْ ذُوْقُوْا
عَذَابَ النَّارِ الَّذِيْ كُنْتُمْ بِهٖ تُكَذِّبُوْنَ ۝٢٠

21. ਅਸੀਂ (ਅੱਲਾਹ) ਜ਼ਰੂਰ ਹੀ ਉਹਨਾਂ (ਕਾਫ਼ਿਰਾਂ) ਨੂੰ ਉਸ ਵੱਡੇ (ਨਰਕ ਦੇ) ਅਜ਼ਾਬ ਤੋਂ ਪਹਿਲਾਂ (ਸੰਸਾਰ ਵਿਚ) ਛੋਟੇ ਨਿੱਕੇ ਅਜ਼ਾਬਾਂ ਦਾ ਸੁਆਦ ਦੇਵਾਂਗੇ ਤਾਂ ਜੋ ਉਹ (ਰੱਬ ਵੱਲ) ਪਰਤ ਆਉਣ।

وَلَنُذِيْقَنَّهُمْ مِّنَ الْعَذَابِ الْاَدْنٰى دُوْنَ الْعَذَابِ
الْاَكْبَرِ لَعَلَّهُمْ يَرْجِعُوْنَ ۝٢١

22. ਉਸ ਵਿਅਕਤੀ ਤੋਂ ਵੱਡਾ ਅਪਰਾਧੀ ਕੌਣ ਹੈ ਜਿਸ ਨੂੰ ਉਸ ਦੇ ਰੱਬ ਦੀਆਂ ਆਇਤਾਂ (ਕੁਰਆਨ) ਨਾਲ ਨਸੀਹਤ ਕੀਤੀ ਗਈ ਹੋਵੇ ਫੇਰ ਵੀ ਉਸ ਨੇ ਮੂੰਹ ਮੋੜ ਲਿਆ। ਜ਼ਰੂਰ ਹੀ ਅਸੀਂ ਅਪਰਾਧੀਆਂ ਤੋਂ ਬਦਲਾ ਲੈਣ ਵਾਲੇ ਹਾਂ।

وَمَنْ اَظْلَمُ مِمَّنْ ذُكِّرَ بِاٰيٰتِ رَبِّهٖ ثُمَّ اَعْرَضَ
عَنْهَا ؕ اِنَّا مِنَ الْمُجْرِمِيْنَ مُنْتَقِمُوْنَ ۝٢٢

23. ਬੇਸ਼ੱਕ ਅਸੀਂ ਮੂਸਾ ਨੂੰ ਵੀ ਕਿਤਾਬ (ਤੌਰੈਤ) ਬਖ਼ਸ਼ੀ, ਸੋ (ਹੇ ਨਬੀ!) ਤੁਸੀਂ ਇਸ ਕਿਤਾਬ (ਕੁਰਆਨ) ਨੂੰ ਅੱਲਾਹ ਵੱਲੋਂ ਮਿਲਣ ਉੱਤੇ ਸ਼ੱਕ ਨਾ ਕਰੋ। ਅਸੀਂ ਇਸ (ਤੌਰੈਤ) ਨੂੰ ਬਨੀ-ਇਸਰਾਈਲ ਲਈ ਹਿਦਾਇਤ (ਦਾ ਸਾਧਨ) ਬਣਾਇਆ।

وَلَقَدْ اٰتَيْنَا مُوْسَى الْكِتٰبَ فَلَا تَكُنْ فِيْ مِرْيَةٍ
مِّنْ لِّقَآئِهٖ وَجَعَلْنٰهُ هُدًى لِّبَنِيْۤ اِسْرَآءِيْلَ ۝٢٣

24. ਜਦੋਂ ਉਹਨਾਂ ਨੇ ਧੀਰਜ ਤੋਂ ਕੰਮ ਲਿਆ ਤਾਂ ਅਸੀਂ ਉਹਨਾਂ ਲਈ ਕੁੱਝ ਅਜਿਹੇ ਆਗੂ ਬਣਾਏ ਜਿਹੜੇ ਸਾਡੇ ਹੁਕਮਾਂ ਅਨੁਸਾਰ ਅਗਵਾਈ ਕਰਦੇ ਸਨ ਅਤੇ ਉਹ ਸਾਡੀਆਂ ਆਇਤਾਂ (ਉਪਦੇਸ਼ਾਂ) 'ਤੇ ਵਿਸ਼ਵਾਸ ਕਰਦੇ ਸਨ।

وَجَعَلْنَا مِنْهُمْ اَئِمَّةً يَّهْدُوْنَ بِاَمْرِنَا لَمَّا
صَبَرُوْا ؕ وَكَانُوْا بِاٰيٰتِنَا يُوْقِنُوْنَ ۝٢٤

إِنَّ رَبَّكَ هُوَ يَفْصِلُ بَيْنَهُمْ يَوْمَ الْقِيٰمَةِ فِيمَا كَانُوا۟ فِيهِ يَخْتَلِفُونَ 25

25. ਨਿਰਸੰਦੇਹ, ਤੁਹਾਡਾ ਰੱਬ ਕਿਆਮਤ ਦਿਹਾੜੇ ਉਹਨਾਂ ਵਿਚਾਲੇ ਫ਼ੈਸਲਾ ਕਰੇਗਾ ਜਿਸ ਵਿਚ ਉਹ ਮਤਭੇਦ ਕਰਦੇ ਸਨ।

أَوَلَمْ يَهْدِ لَهُمْ كَمْ أَهْلَكْنَا مِن قَبْلِهِم مِّنَ الْقُرُونِ يَمْشُونَ فِى مَسٰكِنِهِمْ ۚ إِنَّ فِى ذٰلِكَ لَاٰيٰتٍ ۖ أَفَلَا يَسْمَعُونَ 26

26. ਕੀ ਅਜਿਹੇ ਠੀਕ ਉਹਨਾਂ 'ਤੇ ਸਪਸ਼ਟ ਨਹੀਂ ਹੋਇਆ ਕਿ ਅਸੀਂ ਉਹਨਾਂ ਤੋਂ ਪਹਿਲਾਂ ਕਿੰਨੀਆਂ ਹੀ ਉੱਮਤਾਂ (ਕੌਮਾਂ) ਨੂੰ, ਜਿਨ੍ਹਾਂ ਦੇ ਘਰਾਂ ਵਿਚ ਅੱਜ ਉਹ ਤੁਰਦੇ-ਫਿਰਦੇ ਹਨ, ਹਲਾਕ ਕਰ ਚੁੱਕੇ ਹਾਂ, ਬੇਸ਼ੱਕ ਇਸ ਵਿਚ ਸਮਝਣ ਲਈ ਵੱਡੀਆਂ ਨਿਸ਼ਾਨੀਆਂ ਹਨ। ਕੀ ਉਹ ਫੇਰ ਵੀ ਸੁਣਦੇ ਸਮਝਦੇ ਨਹੀਂ?

أَوَلَمْ يَرَوْا۟ أَنَّا نَسُوقُ الْمَآءَ إِلَى الْأَرْضِ الْجُرُزِ فَنُخْرِجُ بِهِۦ زَرْعًا تَأْكُلُ مِنْهُ أَنْعٰمُهُمْ وَأَنفُسُهُمْ ۖ أَفَلَا يُبْصِرُونَ 27

27. ਕੀ ਉਹ ਨਹੀਂ ਵੇਖਦੇ ਕਿ ਬੇਸ਼ੱਕ ਅਸੀਂ ਹੀ ਪਾਣੀ ਨੂੰ ਬਹਾ ਕੇ ਬੰਜਰ ਧਰਤੀ ਵੱਲ ਲੈ ਜਾਂਦੇ ਹਾਂ, ਫੇਰ ਅਸੀਂ ਉਸ (ਪਾਣੀ) ਰਾਹੀਂ ਫ਼ਸਲਾਂ ਉਗਾਉਂਦੇ ਹਾਂ, ਜਿਸ ਨੂੰ ਉਹਨਾਂ ਦੇ ਪਸ਼ੂ ਤੇ ਉਹ ਆਪ ਵੀ ਖਾਂਦੇ ਹਨ। ਕੀ ਉਹ ਸੋਚ ਵਿਚਾਰ ਨਹੀਂ ਕਰਦੇ?

وَيَقُولُونَ مَتٰى هٰذَا الْفَتْحُ إِن كُنتُمْ صٰدِقِينَ 28

28 ਉਹ ਇਨਕਾਰੀ ਪੁੱਛਦੇ ਹਨ ਕਿ ਜੇ ਤੁਸੀਂ ਸੱਚੇ ਹੋ ਤਾਂ ਦੱਸੋ ਕਿ ਇਹ (ਅਮਲਾਂ) ਦਾ ਨਿਬੇੜਾ ਕਦੋਂ ਹੋਵੇਗਾ?

قُلْ يَوْمَ الْفَتْحِ لَا يَنفَعُ الَّذِينَ كَفَرُوٓا۟ إِيمٰنُهُمْ وَلَا هُمْ يُنظَرُونَ 29

29. (ਹੇ ਨਬੀ!) ਤੁਸੀਂ ਆਖ ਦਿਓ ਕਿ ਫ਼ੈਸਲੇ ਵਾਲੇ ਦਿਨ (ਭਾਵ ਕਿਆਮਤ ਦਿਹਾੜੇ) ਇਹਨਾਂ ਕਾਫ਼ਿਰਾਂ ਨੂੰ ਉਹਨਾਂ ਦਾ ਈਮਾਨ ਲਿਆਉਣਾ ਕੁੱਝ ਵੀ ਲਾਭ ਨਹੀਂ ਦੇਵੇਗਾ ਤੇ ਨਾ ਹੀ ਉਹਨਾਂ ਨੂੰ ਕੋਈ ਢਿੱਲ ਦਿੱਤੀ ਜਾਵੇਗੀ।

فَأَعْرِضْ عَنْهُمْ وَانتَظِرْ إِنَّهُم مُّنتَظِرُونَ 30

30 ਸੋ ਤੁਸੀਂ (ਹੇ ਨਬੀ!) ਉਹਨਾਂ ਤੋਂ ਮੂੰਹ ਫੇਰ ਲਵੋ (ਭਾਵ ਉਹਨਾਂ ਦੇ ਹਾਲ 'ਤੇ ਛੱਡ ਦਿਓ) ਅਤੇ ਉਡੀਕ ਕਰੋ, ਬੇਸ਼ੱਕ ਉਹ (ਇਨਕਾਰੀ) ਵੀ (ਅੱਲਾਹ ਦੇ ਫ਼ੈਸਲੇ ਦੀ) ਉਡੀਕ ਕਰ ਰਹੇ ਹਨ।

33. ਸੂਰਤ ਅਲ-ਅਹਜ਼ਾਬ (ਮਦਨੀ-90)

سُورَةُ الأحزاب

(ਆਇਤਾਂ 73, ਰੁਕੂਅ 9)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بسم الله الرحمن الرحيم

1 ਹੇ ਨਬੀ! (ਮੁਹੰਮਦ ਸ:) ਅੱਲਾਹ ਤੋਂ ਹੀ ਡਰਦੇ ਰਹੋ ਅਤੇ ਕਾਫ਼ਿਰਾਂ ਤੇ ਮੁਨਾਫ਼ਿਕਾਂ ਦੇ ਆਖੇ ਨਾ ਲੱਗੋ। ਬੇਸ਼ੱਕ ਅੱਲਾਹ ਵੱਡਾ ਜਾਣਨਹਾਰ ਤੇ ਹਿਕਮਤ ਵਾਲਾ (ਯੁਕਤੀਮਾਨ) ਹੈ।

يا أيها النبي اتق الله ولا تطع الكافرين والمنافقين إن الله كان عليما حكيما

2. ਅਤੇ ਉਸ ਵਹੀ (ਰੱਬੀ ਹਿਦਾਇਤ) ਦੀ ਪੈਰਵੀ ਕਰੋ ਜੋ ਤੁਹਾਡੇ ਰੱਬ ਵੱਲੋਂ ਤੁਹਾਡੇ ਉੱਤੇ ਨਾਜ਼ਿਲ ਕੀਤੀ ਜਾਂਦੀ ਹੈ, ਬੇਸ਼ੱਕ ਅੱਲਾਹ ਤੁਹਾਡੇ ਸਾਰੇ ਕੰਮਾਂ ਦੀ ਖ਼ਬਰ ਰੱਖਦਾ ਹੈ।

واتبع ما يوحى إليك من ربك إن الله كان بما تعملون خبيرا

3 ਤੁਸੀਂ ਅੱਲਾਹ ਉੱਤੇ ਹੀ ਭਰੋਸਾ ਰੱਖੋ ਅਤੇ ਕੰਮ ਸਵਾਰਨ ਲਈ ਅੱਲਾਹ ਹੀ ਬਥੇਰਾ ਹੈ।

وتوكل على الله وكفى بالله وكيلا

4 ਅੱਲਾਹ ਨੇ ਕਿਸੇ ਵਿਅਕਤੀ ਦੇ ਸੀਨੇ ਵਿਚ ਦੋ ਦਿਲ ਨਹੀਂ ਰੱਖੇ। ਤੁਸੀਂ ਆਪਣੀਆਂ ਜਿਨ੍ਹਾਂ ਪਤਨੀਆਂ ਨੂੰ ਮਾਂ ਕਹਿ ਬੈਠਦੇ ਹੋ ਅੱਲਾਹ ਨੇ ਉਹਨਾਂ ਨੂੰ ਨਾ ਹੀ ਤੁਹਾਡੀ (ਸਕੀ) ਮਾਂ ਬਣਾਇਆ ਹੈ ਅਤੇ ਨਾ ਹੀ ਤੁਹਾਡੇ ਲਈ ਲੈ ਪਾਲਕਾਂ (ਮੂੰਹ ਬੋਲੇ ਬੇਟੇ) ਨੂੰ ਤੁਹਾਡਾ (ਸਕਾ) ਪੁੱਤਰ ਬਣਾਇਆ ਹੈ। ਇਹ ਤਾਂ ਤੁਹਾਡੇ ਆਪਣੇ ਮੂੰਹਾਂ ਦੀਆਂ ਗੱਲਾਂ ਹਨ। ਜਦ ਕਿ ਅੱਲਾਹ ਤੁਹਾਨੂੰ ਹੱਕ-ਸੱਚ ਗੱਲ ਹੀ ਆਖਦਾ ਹੈ ਅਤੇ ਉਹੀਓ ਸਿੱਧੀ ਰਾਹ ਦਰਸਾਉਂਦਾ ਹੈ।

ما جعل الله لرجل من قلبين في جوفه وما جعل أزواجكم اللائي تظاهرون منهن أمهاتكم وما جعل أدعياءكم أبناءكم ذلكم قولكم بأفواهكم والله يقول الحق وهو يهدي السبيل

5 ਪਾਲਕਾਂ ਨੂੰ ਉਹਨਾਂ ਦੇ (ਅਸਲੀ) ਬਾਪਾਂ ਦੇ ਨਾਂ ਲੈ ਕੇ ਪੁਕਾਰੋ, ਅੱਲਾਹ ਦੀ ਨਜ਼ਰ ਵਿਚ ਇਹੋ ਇਨਸਾਫ਼ ਵਾਲੀ ਗੱਲ ਹੈ। ਫੇਰ ਜੇ ਤੁਹਾਨੂੰ ਉਹਨਾਂ ਦੇ ਅਸਲੀ ਪਿਓ ਦਾ ਪਤਾ ਹੀ ਨਾ ਹੋਵੇ (ਕਿ ਉਹਨਾਂ ਦਾ ਪਿਓ ਕੌਣ ਹੈ) ਤਾਂ ਉਹ ਤੁਹਾਡੇ ਧਰਮ ਭਰਾ ਤੇ

ادعوهم لآبائهم هو أقسط عند الله فإن لم تعلموا آباءهم فإخوانكم في الدين ومواليكم وليس عليكم جناح فيما أخطأتم به ولكن ما تعمدت قلوبكم وكان الله غفورا رحيما

ਤੁਹਾਡੇ ਮਿੱਤਰ ਹਨ। ਜੇ ਇਸ ਮਾਮਲੇ ਵਿਚ ਤੁਹਾਥੋਂ ਕੋਈ ਭੁੱਲ-ਚੁੱਕ ਹੋ ਜਾਵੇ ਤਾਂ ਤੁਹਾਡੇ ਸਿਰ ਕੋਈ ਦੋਸ਼ ਨਹੀਂ, ਹਾਂ! ਦੋਸ਼ ਉਸ ਗੱਲ ਦਾ ਹੈ ਜਿਹੜਾ ਤੁਸੀਂ ਆਪਣੇ ਮਨੋਂ ਇਰਾਦਾ ਕਰਦੇ ਹੋ। ਅੱਲਾਹ ਵੱਡਾ ਬਖ਼ਸ਼ਣਹਾਰ ਤੇ ਮਿਹਰਾਂ ਵਾਲਾ ਹੈ।

6. ਬੇਸ਼ੱਕ ਨਬੀ ਤਾਂ ਈਮਾਨ ਵਾਲਿਆਂ ਲਈ ਉਹਨਾਂ ਦੇ ਆਪਣੇ ਆਪ ਤੋਂ ਵੀ ਕਿਤੇ ਵੱਧ ਹੱਕ ਰੱਖਦਾ ਹੈ[1] ਅਤੇ ਨਬੀ ਦੀਆਂ ਪਤਨੀਆਂ ਈਮਾਨ ਵਾਲਿਆਂ ਦੀਆਂ ਮਾਵਾਂ ਹਨ ਅਤੇ ਅੱਲਾਹ ਦੀ ਕਿਤਾਬ (ਕੁਰਆਨ) ਅਨੁਸਾਰ ਦੂਜੇ ਮੋਮਿਨਾਂ ਅਤੇ ਮੁਹਾਜਰਾਂ ਨਾਲੋਂ, ਰਿਸ਼ਤੇਦਾਰ (ਵਰਾਸਤ ਦਾ) ਵਧੇਰੇ ਹੱਕਦਾਰ ਹਨ। ਜੇ ਤੁਸੀਂ ਆਪਣੇ ਮਿੱਤਰਾਂ ਨਾਲ ਭਲਾਈ ਕਰਨਾ ਚਾਹੁੰਦੇ ਹੋ (ਤਾਂ ਕਰ ਸਕਦੇ ਹੋ) ਇਹ ਹੁਕਮ ਰੱਬੀ ਕਿਤਾਬ (ਕੁਰਆਨ) ਵਿਚ ਲਿਖਿਆ ਹੋਇਆ ਹੈ।

النَّبِيُّ أَوْلَىٰ بِالْمُؤْمِنِينَ مِنْ أَنفُسِهِمْ ۖ وَأَزْوَاجُهُ
أُمَّهَاتُهُمْ ۗ وَأُولُو الْأَرْحَامِ بَعْضُهُمْ أَوْلَىٰ بِبَعْضٍ
فِي كِتَابِ اللَّهِ مِنَ الْمُؤْمِنِينَ وَالْمُهَاجِرِينَ إِلَّا
أَن تَفْعَلُوا إِلَىٰ أَوْلِيَائِكُم مَّعْرُوفًا ۚ كَانَ ذَٰلِكَ
فِي الْكِتَابِ مَسْطُورًا ﴿٦﴾

7. (ਹੇ ਨਬੀ! ਯਾਦ ਕਰੋ) ਜਦੋਂ ਅਸੀਂ ਸਾਰੇ ਨਬੀਆਂ ਤੋਂ (ਰੱਬੀ ਪੈਗ਼ਾਮ ਲੋਕਾਂ ਤਕ ਪਹੁੰਚਾਉਣ ਦਾ) ਪ੍ਰਣ ਲਿਆ ਸੀ। ਤੁਹਾਥੋਂ (ਭਾਵ ਮੁਹੰਮਦ ਸ: ਤੋਂ) ਵੀ ਅਤੇ ਨੂਹ, ਇਬਰਾਹੀਮ, ਮੂਸਾ ਤੇ ਮਰੀਅਮ ਦੇ ਪੁੱਤਰ ਈਸਾ[2] ਤੋਂ (ਵੀ ਇਹੋ ਪ੍ਰਣ ਲਿਆ ਸੀ) ਅਤੇ ਅਸੀਂ ਸਭ ਤੋਂ ਪੱਕਾ ਪ੍ਰਣ ਲੈ ਚੁੱਕੇ ਹਾਂ।

وَإِذْ أَخَذْنَا مِنَ النَّبِيِّينَ مِيثَاقَهُمْ وَمِنكَ
وَمِن نُّوحٍ وَإِبْرَاهِيمَ وَمُوسَىٰ وَعِيسَى ابْنِ
مَرْيَمَ ۖ وَأَخَذْنَا مِنْهُم مِّيثَاقًا غَلِيظًا ﴿٧﴾

---

[1] ਇਸ ਤੋਂ ਭਾਵ ਹੈ ਕਿ ਮੋਮਿਨਾਂ ਨੂੰ ਸਰਵਰੇ-ਕਾਇਨਾਤ ਮੁਹੰਮਦ (ਸ:) ਦੇ ਨਾਲ ਆਪਣੀਆਂ ਜਾਨਾਂ ਤੋਂ ਵੀ ਵੱਧ ਮੁਹੱਬਤ ਹੋਣੀ ਚਾਹੀਦੀ ਹੈ, ਇਕ ਹਦੀਸ ਵਿਚ ਹੈ ਕਿ ਨਬੀ (ਸ:) ਨੇ ਹਜ਼ਰਤ ਉਮਰ ਦਾ ਹੱਥ ਫੜਿਆ ਹੋਇਆ ਸੀ ਕਿ ਹਜ਼ਰਤ ਉਮਰ ਨੇ ਅਰਜ਼ ਕੀਤੀ ਕਿ ਹੇ ਰਸੂਲ (ਸ:) ਤੁਸੀਂ ਮੈਨੂੰ ਹਰ ਚੀਜ਼ ਤੋਂ ਵਧੇਰੇ ਪਿਆਰੇ ਹੋ ਸਿਵਾਏ ਮੇਰੀ ਆਪਣੀ ਜਾਨ ਤੋਂ। ਆਪ (ਸ:) ਨੇ ਫ਼ਰਮਾਇਆ ਕਿ ਕਸਮ ਹੈ ਮੈਨੂੰ ਉਸ ਜ਼ਾਤ ਦੀ ਜਿਸ ਦੇ ਕਬਜ਼ੇ ਵਿਚ ਮੇਰੀ ਜਾਨ ਹੈ ਕਿ ਤੁਹਾਡਾ ਈਮਾਨ ਉਸ ਸਮੇਂ ਤਕ ਮੁਕੰਮਲ ਨਹੀਂ ਹੋ ਸਕਦਾ ਜਦੋਂ ਤਕ ਤੁਸੀਂ ਮੈਨੂੰ ਆਪਣੀ ਜਾਨਾਂ ਤੋਂ ਵੀ ਵੱਧ ਮੁਹੱਬਤ ਨਹੀਂ ਕਰੋਗੇ। ਇਹ ਸੁਣ ਕੇ ਹਜ਼ਰਤ ਉਮਰ ਨੇ ਕਿਹਾ ਕਿ ਜੇ ਇਸ ਤਰ੍ਹਾਂ ਹੈ ਤਾਂ ਅੱਲਾਹ ਦੀ ਕਸਮ ਹੁਣ ਤੁਸੀਂ ਮੈਨੂੰ ਮੇਰੀ ਜਾਨ ਤੋਂ ਵੀ ਵੱਧ ਕੇ ਪਿਆਰੇ ਹੋ। ਇਹ ਸੁਣ ਕੇ ਆਪ (ਸ:) ਨੇ ਫ਼ਰਮਾਇਆ ਕਿ ਹੇ ਉਮਰ! ਹੁਣ ਤੂੰ ਮੋਮਿਨ ਹੈਂ। (ਸਹੀ ਬੁਖ਼ਾਰੀ, ਹਦੀਸ: 6232)

[2] ਅੱਲਾਹ ਨੇ ਬਹੁਤ ਸਾਰੀਆਂ ਕੌਮਾਂ ਵਿਚ ਪੈਗ਼ੰਬਰ ਤੇ ਨਬੀ ਭੇਜੇ ਹਨ ਪਰ ਕੁਰਆਨ ਪਾਕ ਵਿਚ ਕੇਵਲ-ਕੇਵਲ 25 ਨਬੀਆਂ ਦੇ ਨਾਵਾਂ ਦੀ ਹੀ ਚਰਚਾ ਕੀਤੀ ਗਈ ਹੈ। ਇਨ੍ਹਾਂ ਵਿਚ ਉੱਚ ਕੋਟੀ ਦੇ ਪੰਜ ਪੈਗ਼ੰਬਰ ਹੀ ਹਨ। 1. ਮੁਹੰਮਦ (ਸ:) 2. ਹਜ਼ਰਤ ਨੂਹ 3. ਹਜ਼ਰਤ ਇਬਰਾਹੀਮ 4. ਹਜ਼ਰਤ ਮੂਸਾ 5. ਹਜ਼ਰਤ ਈਸਾ।

8 ਤਾਂ ਜੋ (ਅੱਲਾਹ) ਸੱਚੇ ਲੋਕਾਂ (ਪੈਗ਼ੰਬਰ) ਤੋਂ ਉਹਨਾਂ (ਲੋਕਾਂ ਦੇ ਪ੍ਰਣ) ਦੀ ਸੱਚਾਈ ਬਾਰੇ (ਕਿਆਮਤ ਦਿਹਾੜੇ) ਪੁੱਛ-ਗਿੱਛ ਕਰੇ। ਉਸ ਨੇ ਕਾਫ਼ਿਰਾਂ ਲਈ ਦੁਖਦਾਈ ਅਜ਼ਾਬ (ਨਰਕ ਦੀ ਅੱਗ ਆਦਿ) ਤਿਆਰ ਕਰ ਰੱਖਿਆ ਹੈ।

لِّيَسْـَٔلَ ٱلصَّٰدِقِينَ عَن صِدْقِهِمْ ۚ وَأَعَدَّ لِلْكَٰفِرِينَ
عَذَابًا أَلِيمًا ۞

9 (ਹੇ ਈਮਾਨ ਵਾਲਿਓ!) ਅੱਲਾਹ ਨੇ ਜੋ ਤੁਹਾਡੇ 'ਤੇ ਉਪਕਾਰ ਕੀਤਾ ਹੈ ਉਸ ਨੂੰ ਚੇਤੇ ਰੱਖੋ ਕਿ ਜਦੋਂ ਤੁਹਾਡੇ ਉੱਤੇ (ਕਾਫ਼ਿਰਾਂ ਦੀਆਂ) ਫ਼ੌਜਾਂ ਚੜ੍ਹਾਈ ਕਰ ਰਹੀਆਂ ਸਨ, ਫੇਰ ਅਸੀਂ ਉਹਨਾਂ (ਫ਼ੌਜਾਂ) 'ਤੇ ਇਕ ਹਨੇਰੀ ਭੇਜੀ ਤੇ (ਫ਼ਰਿਸ਼ਤਿਆਂ ਦੀਆਂ) ਅਜਿਹੀਆਂ ਫ਼ੌਜਾਂ ਭੇਜੀਆਂ ਜਿਨ੍ਹਾਂ ਨੂੰ ਤੁਸੀਂ ਵੇਖਿਆ ਵੀ ਨਹੀਂ। ਜੋ ਕੁੱਝ ਵੀ ਤੁਸੀਂ ਕਰਦੇ ਹੋ ਅੱਲਾਹ ਸਭ ਵੇਖਦਾ ਹੈ।

يَٰٓأَيُّهَا ٱلَّذِينَ ءَامَنُوا۟ ٱذْكُرُوا۟ نِعْمَةَ ٱللَّهِ عَلَيْكُمْ
إِذْ جَآءَتْكُمْ جُنُودٌ فَأَرْسَلْنَا عَلَيْهِمْ رِيحًا وَجُنُودًا
لَّمْ تَرَوْهَا ۚ وَكَانَ ٱللَّهُ بِمَا تَعْمَلُونَ بَصِيرًا ۞

10 (ਯਾਦ ਕਰੋ) ਜਦੋਂ ਵੈਰੀ ਉਤਲੇ ਤੇ ਹੇਠਲੇ ਪਾਸਿਓਂ ਤੁਹਾਡੇ 'ਤੇ ਚੜ੍ਹ ਆਏ ਅਤੇ (ਭੈ-ਭੀਤ ਹੋ ਕੇ) ਤੁਹਾਡੀਆਂ ਅੱਖਾਂ ਪਥਰਾ ਗਈਆਂ, ਕਾਲਜੇ ਮੂੰਹ ਨੂੰ ਆਉਣ ਲੱਗ ਪਏ ਅਤੇ ਤੁਸੀਂ ਅੱਲਾਹ ਬਾਰੇ ਤਰ੍ਹਾਂ ਤਰ੍ਹਾਂ ਦੇ (ਭੈੜੇ) ਗੁਮਾਨ ਕਰਨ ਲੱਗ ਪਏ ਸੀ।

إِذْ جَآءُوكُم مِّن فَوْقِكُمْ وَمِنْ أَسْفَلَ مِنكُمْ
وَإِذْ زَاغَتِ ٱلْأَبْصَٰرُ وَبَلَغَتِ ٱلْقُلُوبُ ٱلْحَنَاجِرَ
وَتَظُنُّونَ بِٱللَّهِ ٱلظُّنُونَا۠ ۞

11. ਉਸ ਵੇਲੇ ਮੋਮਿਨਾਂ ਦੀ ਪਰਖ ਹੋਈ ਸੀ ਅਤੇ ਉਹਨਾਂ ਨੂੰ ਬੁਰੀ ਤਰ੍ਹਾਂ ਹਲੂਣਿਆ ਗਿਆ।

هُنَالِكَ ٱبْتُلِىَ ٱلْمُؤْمِنُونَ وَزُلْزِلُوا۟ زِلْزَالًا
شَدِيدًا ۞

12 ਜਦੋਂ ਮਨਾਫ਼ਿਕ (ਦੋ ਗਲੇ) ਅਤੇ ਉਹ ਲੋਕ ਜਿਨ੍ਹਾਂ ਦੇ ਮਨਾਂ ਵਿਚ (ਕੁਫ਼ਰ ਦਾ) ਰੋਗ ਸੀ ਉਹ ਆਖ ਰਹੇ ਸਨ ਕਿ ਅੱਲਾਹ ਤੇ ਉਸ ਦੇ ਰਸੂਲ (ਮੁਹੰਮਦ ਸ:) ਨੇ ਤਾਂ ਸਾਡੇ ਨਾਲ ਛਲ-ਕਪਟ ਵਾਲੇ ਝੂਠੇ ਵਾਅਦੇ ਕੀਤੇ ਸੀ।

وَإِذْ يَقُولُ ٱلْمُنَٰفِقُونَ وَٱلَّذِينَ فِى قُلُوبِهِم
مَّرَضٌ مَّا وَعَدَنَا ٱللَّهُ وَرَسُولُهُۥٓ إِلَّا غُرُورًا ۞

13. ਜਦੋਂ ਉਹਨਾਂ (ਮੁਨਾਫ਼ਿਕਾਂ) ਦੇ ਇਕ ਧੜੇ ਨੇ ਆਖਿਆ ਕਿ ਹੇ ਯਸਰਬ (ਮਦੀਨਾ) ਵਾਲਿਓ! ਅੱਜ ਤੁਹਾਡੇ ਲਈ (ਮੱਕੇ ਦੀਆਂ ਫ਼ੌਜਾਂ ਦੇ ਸਾਮ੍ਹਣੇ) ਠਹਿਰਨ ਦਾ ਕੋਈ ਮੌਕਾ ਨਹੀਂ, ਪਿਛਾਂਹ ਪਰਤ ਚੱਲੋ। ਅਤੇ ਉਹਨਾਂ ਵਿੱਚੋਂ ਹੀ ਇਕ ਹੋਰ ਟੋਲੀ ਇਹ ਕਹਿ ਕੇ

وَإِذْ قَالَت طَّآئِفَةٌ مِّنْهُمْ يَٰٓأَهْلَ يَثْرِبَ
لَا مُقَامَ لَكُمْ فَٱرْجِعُوا۟ ۚ وَيَسْتَـْٔذِنُ فَرِيقٌ مِّنْهُمُ
ٱلنَّبِىَّ يَقُولُونَ إِنَّ بُيُوتَنَا عَوْرَةٌ وَمَا هِىَ بِعَوْرَةٍ ۖ
إِن يُرِيدُونَ إِلَّا فِرَارًا ۞

ਨਬੀ (ਸ.) ਤੋਂ ਛੁੱਟੀ ਮੰਗ ਰਹੀ ਸੀ ਕਿ ਸਾਡੇ ਘਰ ਸੁਰੱਖਿਅਤ ਨਹੀਂ ਹਨ ਜਦ ਕਿ ਉਹਨਾਂ ਨੂੰ ਕਿਸੇ ਤਰ੍ਹਾਂ ਦਾ ਕੋਈ ਖ਼ਤਰਾ ਨਹੀਂ ਸੀ। ਅਸਲ ਵਿਚ ਉਹ ਤਾਂ ਕੇਵਲ (ਜੰਗ ਤੋਂ) ਭੱਜਣਾ ਚਾਹੁੰਦੇ ਸਨ।

14 ਜੇ ਕਿਤੇ ਇਸ (ਮਦੀਨੇ) ਦੇ ਕਿਨਾਰਿਆਂ ਤੋਂ ਉਹਨਾਂ (ਮੁਨਾਫ਼ਿਕਾਂ) ਉੱਤੇ (ਕਾਫ਼ਿਰਾਂ ਦੀਆਂ) ਫ਼ੌਜਾਂ ਅੰਦਰ ਆ ਵੜੀਆਂ ਹੁੰਦੀਆਂ ਅਤੇ ਫੇਰ ਉਹਨਾਂ ਨੂੰ ਉੱਪਦਰ ਮਚਾਉਣ ਲਈ ਸੱਦਾ ਦਿੱਤਾ ਜਾਂਦਾ ਤਾਂ ਇਹ ਉਸੇ ਵੇਲੇ ਉਸ ਨੂੰ ਪ੍ਰਵਾਨ ਕਰ ਲੈਂਦੇ ਅਤੇ ਉਹਨਾਂ ਨੂੰ ਇਸ (ਉੱਪਦਰ ਵਿਚ) ਰਲਣੋਂ ਸ਼ਾਇਦ ਹੀ ਕੋਈ ਸੰਕੋਚ ਹੋਣਾ ਸੀ।

وَلَوْ دُخِلَتْ عَلَيْهِم مِّنْ أَقْطَارِهَا ثُمَّ سُئِلُوا الْفِتْنَةَ لَآتَوْهَا وَمَا تَلَبَّثُوا بِهَا إِلَّا يَسِيرًا ﴿١٤﴾

15 ਨਿਰਸੰਦੇਹ, ਇਸ ਤੋਂ ਪਹਿਲਾਂ ਇਹਨਾਂ (ਮੁਨਾਫ਼ਿਕਾਂ) ਨੇ ਅੱਲਾਹ ਨਾਲ ਪ੍ਰਣ ਕੀਤਾ ਸੀ ਕਿ ਉਹ (ਜੰਗ ਤੋਂ) ਪਿੱਠ ਨਹੀਂ ਫੇਰਨਗੇ। ਉਹਨਾਂ ਨੇ ਜਿਹੜਾ ਵਾਅਦਾ ਅੱਲਾਹ ਨਾਲ ਕੀਤਾ ਹੈ ਉਸ ਦੀ ਪੁੱਛ ਗਿੱਛ ਤਾਂ ਹੋਵੇਗੀ।

وَلَقَدْ كَانُوا عَاهَدُوا اللَّهَ مِن قَبْلُ لَا يُوَلُّونَ الْأَدْبَارَ ۚ وَكَانَ عَهْدُ اللَّهِ مَسْئُولًا ﴿١٥﴾

16. (ਹੇ ਨਬੀ!) ਆਖੋ ਕਿ ਤੁਸੀਂ ਮੌਤ ਤੋਂ ਜਾਂ ਕਤਲ ਹੋਣ ਦੇ ਡਰ ਤੋਂ ਭਾਵੇਂ ਕਿੰਨਾ ਹੀ ਨੱਸੋ, ਇਹ ਨੱਸਣਾ ਤੁਹਾਡੇ ਲਈ ਕੁੱਝ ਵੀ ਲਾਹੇਵੰਦ ਸਿੱਧ ਨਹੀਂ ਹੋਵੇਗਾ। (ਇਸ ਭੱਜਣ ਮਗਰੋਂ) ਤੁਸੀਂ ਆਪਣੇ ਜੀਵਨ ਦਾ ਬਹੁਤ ਹੀ ਘੱਟ ਲਾਭ ਉਠਾਓਗੇ।

قُل لَّن يَنفَعَكُمُ الْفِرَارُ إِن فَرَرْتُم مِّنَ الْمَوْتِ أَوِ الْقَتْلِ وَإِذًا لَّا تُمَتَّعُونَ إِلَّا قَلِيلًا ﴿١٦﴾

17. (ਹੇ ਨਬੀ!) ਉਹਨਾਂ (ਡਰਪੋਕ) ਲੋਕਾਂ ਨੂੰ ਪੁੱਛੋ ਕਿ ਕੌਣ ਹੈ ਜੋ ਤੁਹਾਨੂੰ ਅੱਲਾਹ (ਦੇ ਅਜ਼ਾਬ) ਤੋਂ ਬਚਾ ਸਕੇ ਜੇ ਉਹ ਤੁਹਾਨੂੰ ਕੋਈ ਹਾਨੀ ਪਹੁੰਚਾਉਣਾ ਚਾਹਵੇ ਜਾਂ ਤੁਹਾਡੇ 'ਤੇ ਕੋਈ ਮਿਹਰਬਾਨੀ ਕਰਨਾ ਚਾਹਵੇ ਤਾਂ ਕੌਣ ਰੋਕ ਸਕਦਾ ਹੈ? ਅਤੇ ਉਹ ਲੋਕ ਛੁੱਟ ਅੱਲਾਹ ਤੋਂ ਆਪਣਾ ਕੋਈ ਵੀ ਸਹਾਈ ਤੇ ਹਿਮਾਇਤੀ ਨਹੀਂ ਪਾਉਣਗੇ।

قُلْ مَن ذَا الَّذِي يَعْصِمُكُم مِّنَ اللَّهِ إِنْ أَرَادَ بِكُمْ سُوءًا أَوْ أَرَادَ بِكُمْ رَحْمَةً ۚ وَلَا يَجِدُونَ لَهُم مِّن دُونِ اللَّهِ وَلِيًّا وَلَا نَصِيرًا ﴿١٧﴾

18. ਬੇਸ਼ੱਕ ਅੱਲਾਹ ਤੁਹਾਡੇ ਵਿੱਚੋਂ ਉਹਨਾਂ ਸਭ ਨੂੰ ਜਾਣਦਾ ਹੈ ਜਿਹੜੇ ਜਿਹਾਦ ਵਿਚ ਅੜੀਕੇ ਲਾਉਂਦੇ ਹਨ ਅਤੇ ਉਹਨਾਂ ਨੂੰ ਵੀ (ਜਾਣਦਾ ਹੈ) ਜਿਹੜੇ ਆਪਣੇ ਭਰਾਵਾਂ ਨੂੰ ਕਹਿੰਦੇ ਹਨ ਕਿ ਸਾਡੇ ਕੋਲ ਆ ਜਾਓ (ਜਿਹਾਦ ਨਾ ਕਰੋ) ਅਤੇ ਉਹ ਆਪ ਵੀ ਜੰਗ ਵਿਚ ਬਹੁਤ ਹੀ ਘੱਟ ਹਿੱਸਾ ਲੈਂਦੇ ਹਨ।

قَدْ يَعْلَمُ اللَّهُ الْمُعَوِّقِينَ مِنكُمْ وَالْقَائِلِينَ لِإِخْوَانِهِمْ هَلُمَّ إِلَيْنَا ۖ وَلَا يَأْتُونَ الْبَأْسَ إِلَّا قَلِيلًا ﴿١٨﴾

19. ਹੇ ਨਬੀ! ਇਸ (ਜੰਗ ਦੀ) ਹਾਲਤ ਵਿਚ ਉਹ (ਮੁਨਾਫ਼ਿਕ) ਤੁਹਾਡਾ ਸਾਥ ਦੇਣ ਵਿਚ ਬਹੁਤ ਹੀ ਕੰਜੂਸ (ਸੂਮ) ਹਨ। ਜਦੋਂ ਡਰ ਖ਼ੌਫ਼ (ਜੰਗ) ਦਾ ਵੇਲਾ ਆ ਜਾਵੇ ਤਾਂ ਤੁਸੀਂ ਉਹਨਾਂ ਨੂੰ ਵੇਖਦੇ ਹੋ ਕਿ ਉਹ ਇੰਜ ਅੱਖਾਂ (ਦੇ ਡੇਲੇ) ਘੁਮਾ ਘੁਮਾ ਕੇ ਤੁਹਾਡੇ ਵੱਲ ਦੇਖਦੇ ਹਨ ਜਿਵੇਂ ਕਿ ਉਹ ਵਿਅਕਤੀ ਵੇਖਦਾ ਹੈ ਜਿਸ ਉੱਤੇ ਮੌਤ ਦੀ ਬੇਹੋਸ਼ੀ ਛਾ ਜਾਵੇ, ਪਰ ਜਦੋਂ ਖ਼ਤਰਾ ਟਲ ਜਾਂਦਾ ਹੈ ਤਾਂ ਮਾਲੇ ਗ਼ਨੀਮਤ ਦੇ ਲੋਭੀ ਬਣ ਕੇ ਤੁਹਾਡੇ ਸਾਮ੍ਹਣੇ (ਖੋਪੇ ਬਣ ਕੇ) ਤੇਜ਼ ਤੇਜ਼ (ਕੈਂਚੀਆਂ ਵਾਂਗ) ਜ਼ੁਬਾਨਾਂ ਚਲਾਉਣ ਲਗ ਜਾਂਦੇ ਹਨ। ਅਸਲੋਂ ਇਹ ਲੋਕ ਉੱਕਾ ਹੀ ਈਮਾਨ ਨਹੀਂ ਲਿਆਏ, ਇਸੇ ਲਈ ਅੱਲਾਹ ਨੇ ਉਹਨਾਂ ਦੇ ਸਾਰੇ ਕਰਮ ਨਸ਼ਟ ਕਰ ਦਿਤੇ ਹਨ ਅਤੇ ਅਜਿਹਾ ਕਰਨਾ ਅੱਲਾਹ ਲਈ ਬਹੁਤ ਹੀ ਸੌਖਾ ਹੈ।

أَشِحَّةً عَلَيْكُمْ ۖ فَإِذَا جَاءَ الْخَوْفُ رَأَيْتَهُمْ يَنظُرُونَ إِلَيْكَ تَدُورُ أَعْيُنُهُمْ كَالَّذِي يُغْشَىٰ عَلَيْهِ مِنَ الْمَوْتِ ۖ فَإِذَا ذَهَبَ الْخَوْفُ سَلَقُوكُم بِأَلْسِنَةٍ حِدَادٍ أَشِحَّةً عَلَى الْخَيْرِ ۚ أُولَٰئِكَ لَمْ يُؤْمِنُوا فَأَحْبَطَ اللَّهُ أَعْمَالَهُمْ ۚ وَكَانَ ذَٰلِكَ عَلَى اللَّهِ يَسِيرًا ﴿١٩﴾

20. ਉਹ ਸਮਝਦੇ ਹਨ ਕਿ ਅਜੇ ਤਕ ਵੈਰੀ ਦੀਆਂ ਫ਼ੌਜਾਂ ਵਾਪਸ ਨਹੀਂ ਗਈਆਂ (ਜਦ ਕਿ ਜਾ ਚੁੱਕੀਆਂ ਹਨ) ਅਤੇ ਜੇ ਫ਼ੌਜਾਂ ਆ ਚੜ੍ਹਣ ਤਾਂ ਉਹਨਾਂ ਦੀ ਮਨ ਦੀ ਇੱਛਾ ਇਹੋ ਹੁੰਦੀ ਹੈ ਕਿ ਉਹ ਜੰਗਲਾਂ ਵਿਚ ਰਹਿਣ ਵਾਲੇ ਬੱਦੂਆਂ ਨਾਲ ਜਾ ਕੇ ਰਹਿਣ ਲਗ ਜਾਣ ਅਤੇ ਉੱਥਿਓਂ ਹੀ ਤੁਹਾਡੀ ਖ਼ੈਰ-ਖ਼ੈਰੀਅਤ ਪੁੱਛਦੇ ਰਹਿੰਦੇ। (ਹੇ ਨਬੀ!) ਜੇਕਰ ਉਹ ਲੋਕ ਤੁਹਾਡੇ ਸੰਗ ਹੁੰਦੇ ਤਾਂ ਵੀ ਉਹ ਨਾ ਮਾਤਰ ਲੜਦੇ।

يَحْسَبُونَ الْأَحْزَابَ لَمْ يَذْهَبُوا ۖ وَإِن يَأْتِ الْأَحْزَابُ يَوَدُّوا لَوْ أَنَّهُم بَادُونَ فِي الْأَعْرَابِ يَسْأَلُونَ عَنْ أَنبَائِكُمْ ۖ وَلَوْ كَانُوا فِيكُم مَّا قَاتَلُوا إِلَّا قَلِيلًا ﴿٢٠﴾

21. ਬੇਸ਼ੱਕ ਤੁਹਾਡੇ ਲਈ ਅੱਲਾਹ ਦੇ ਰਸੂਲ (ਹਜ਼ਰਤ ਮੁਹੰਮਦ ਸ.) ਦੀ ਸ਼ਖ਼ਸੀਅਤ ਇਕ ਉੱਤਮ ਨਮੂਨਾ ਹੈ (ਅਤੇ ਇਹ ਨਮੂਨਾ) ਹਰ ਉਸ ਵਿਅਕਤੀ ਲਈ ਹੈ

لَّقَدْ كَانَ لَكُمْ فِي رَسُولِ اللَّهِ أُسْوَةٌ حَسَنَةٌ لِّمَن كَانَ يَرْجُو اللَّهَ وَالْيَوْمَ الْآخِرَ وَذَكَرَ اللَّهَ كَثِيرًا ﴿٢١﴾

ਜਿਹੜਾ ਅੱਲਾਹ ਅਤੇ ਕਿਆਮਤ ਦਿਹਾੜੇ ਦੀ ਆਸ ਰੱਖਦਾ ਹੈ ਅਤੇ ਅੱਲਾਹ ਨੂੰ ਵਧੇਰੇ ਯਾਦ ਕਰਦਾ ਹੈ।

وَلَمَّا رَاَ الْمُؤْمِنُوْنَ الْاَحْزَابَ ۙ قَالُوْا هٰذَا مَا
وَعَدَنَا اللّٰهُ وَرَسُوْلُهٗ وَصَدَقَ اللّٰهُ وَرَسُوْلُهٗ ۫
وَمَا زَادَهُمْ اِلَّاۤ اِيْمَانًا وَّتَسْلِيْمًا ﴿22﴾

22. (ਦੂਜੇ ਪਾਸੇ) ਜਦੋਂ ਈਮਾਨ ਵਾਲਿਆਂ ਨੇ (ਕਾਫ਼ਿਰਾਂ ਦੀਆਂ) ਫ਼ੌਜਾਂ ਨੂੰ ਵੇਖਿਆ ਤਾਂ ਬੋਲ ਪਏ ਕਿ ਇਹ ਉਹੀਓ ਚੀਜ਼ ਹੈ ਜਿਸ ਦਾ ਵਾਅਦਾ ਸਾਡੇ ਨਾਲ ਅੱਲਾਹ ਅਤੇ ਉਸ ਦੇ ਰਸੂਲ (ਮੁਹੰਮਦ ਸ.) ਨੇ ਕੀਤਾ ਸੀ ਅਤੇ ਅੱਲਾਹ ਤੇ ਉਸ ਦੇ ਰਸੂਲ ਦਾ ਆਖਣਾ ਸੱਚ ਸੀ। ਇਸ (ਘਟਨਾ) ਨੇ ਉਹਨਾਂ ਦੇ ਈਮਾਨ ਤੇ ਫ਼ਰਮਾਂਬਰਦਾਰੀ ਵਿਚ ਹੋਰ ਵਾਧਾ ਕਰ ਦਿੱਤਾ।

مِنَ الْمُؤْمِنِيْنَ رِجَالٌ صَدَقُوْا مَا عَاهَدُوا اللّٰهَ
عَلَيْهِ ۚ فَمِنْهُمْ مَّنْ قَضٰى نَحْبَهٗ وَمِنْهُمْ مَّنْ
يَّنْتَظِرُ ۖ وَمَا بَدَّلُوْا تَبْدِيْلًا ﴿23﴾

23. ਮੋਮਿਨਾਂ ਵਿਚੋਂ ਕੁੱਝ ਅਜਿਹੇ ਲੋਕ ਵੀ ਹਨ ਜਿਨ੍ਹਾਂ ਨੇ ਜੋ ਵੀ ਅੱਲਾਹ ਨਾਲ ਪ੍ਰਣ ਕੀਤਾ ਸੀ, ਉਸ ਨੂੰ ਸੱਚ ਕਰ ਵਿਖਾਇਆ। ਸੋ ਕੁੱਝ ਨੇ ਤਾਂ ਆਪਣੇ ਵਚਨਾਂ ਨੂੰ ਪੂਰਾ ਕਰ ਦਿੱਤਾ (ਭਾਵ ਸ਼ਹੀਦ ਹੋ ਗਏ) ਅਤੇ ਕੁੱਝ ਉਹਨਾਂ ਵਿਚੋਂ (ਸ਼ਹੀਦ ਹੋਣ ਦੀ) ਉਡੀਕ ਵਿਚ ਹਨ ਅਤੇ ਉਹਨਾਂ ਨੇ ਆਪਣੇ ਵਿਹਾਰ ਵਿਚ ਕੋਈ ਬਦਲਾਓ ਨਹੀਂ ਕੀਤਾ।

لِّيَجْزِيَ اللّٰهُ الصّٰدِقِيْنَ بِصِدْقِهِمْ وَيُعَذِّبَ
الْمُنٰفِقِيْنَ اِنْ شَآءَ اَوْ يَتُوْبَ عَلَيْهِمْ ۭ اِنَّ اللّٰهَ كَانَ
غَفُوْرًا رَّحِيْمًا ﴿24﴾

24. (ਇਹ ਇਸ ਲਈ ਹੋਇਆ ਹੈ) ਤਾਂ ਜੋ ਅੱਲਾਹ ਸੱਚੇ ਲੋਕਾਂ ਨੂੰ ਉਹਨਾਂ ਦੀ ਸੱਚਾਈ ਦਾ ਬਦਲਾ ਦੇਵੇ ਅਤੇ ਜੇ ਚਾਹੇ ਤਾਂ ਮੁਨਾਫ਼ਿਕਾਂ ਨੂੰ ਸਜ਼ਾ ਦੇਵੇ ਜਾਂ ਉਹਨਾਂ ਦੀ ਤੌਬਾ ਨੂੰ ਕਬੂਲ ਕਰ ਲਵੇ। ਅੱਲਾਹ ਬਹੁਤ ਹੀ ਬਖ਼ਸ਼ਣਹਾਰ ਤੇ ਮਿਹਰਬਾਨ ਹੈ।

وَرَدَّ اللّٰهُ الَّذِيْنَ كَفَرُوْا بِغَيْظِهِمْ لَمْ يَنَالُوْا خَيْرًا ۭ
وَكَفَى اللّٰهُ الْمُؤْمِنِيْنَ الْقِتَالَ ۭ وَكَانَ اللّٰهُ قَوِيًّا
عَزِيْزًا ﴿25﴾

25. (ਅਹਜ਼ਾਬ ਦੀ ਜੰਗ ਵਿਚ) ਅੱਲਾਹ ਨੇ ਕਾਫ਼ਿਰਾਂ ਨੂੰ (ਨਾ-ਮੁਰਾਦੀ ਦੇ) ਗੁੱਸੇ ਨਾਲ ਵਾਪਸ ਮੋੜ ਦਿੱਤਾ, ਉਹ (ਜੰਗ ਵਿਚ) ਕੁੱਝ ਵੀ ਲਾਭ ਪ੍ਰਾਪਤ ਨਹੀਂ ਕਰ ਸਕੇ ਅਤੇ ਇਸ ਲੜਾਈ ਵਿਚ ਮੋਮਿਨਾਂ ਲਈ ਅੱਲਾਹ ਹੀ ਬਥੇਰਾ ਹੋ ਗਿਆ। ਅੱਲਾਹ ਵੱਡਾ ਜ਼ੋਰਾਵਰ ਤੇ ਸ਼ਕਤੀਸ਼ਾਲੀ ਹੈ।

---

1 ਇਹ ਆਇਤ ਉਨ੍ਹਾਂ ਸਹਾਬੀਆਂ ਦੇ ਬਾਰੇ ਨਾਜ਼ਲ ਹੋਈ ਹੈ ਜਿਨ੍ਹਾਂ ਨੇ ਬਦਰ ਦੀ ਜੰਗ ਵਿਚ ਜੌਹਰ ਵਿਖਾਏ ਅਤੇ ਇਨ੍ਹਾਂ ਵਿਚ ਹੀ ਉਹ ਵੀ ਸਹਾਬੀ ਹਨ ਜਿਹੜੇ ਬਦਰ ਦੀ ਜੰਗ ਵਿਚ ਭਾਗ ਨਹੀਂ ਲੈ ਸਕੇ ਪਰ ਉਨ੍ਹਾਂ ਨੇ ਇਹ ਵਚਨ ਵੀ ਲਿਆ ਸੀ ਕਿ ਜਦੋਂ ਵੀ ਕੋਈ ਹੋਰ ਜੰਗ ਹੋਵੇਗੀ ਉਸ ਵਿਚ ਭਾਗ ਜ਼ਰੂਰ ਲੈਣਗੇ।

وَأَنْزَلَ الَّذِينَ ظَاهَرُوهُمْ مِنْ أَهْلِ الْكِتَابِ مِنْ صَيَاصِيهِمْ وَقَذَفَ فِي قُلُوبِهِمُ الرُّعْبَ فَرِيقًا تَقْتُلُونَ وَتَأْسِرُونَ فَرِيقًا ﴿٢٦﴾

26 ਅਤੇ ਅਹਲੇ ਕਿਤਾਬ (ਯਹੂਦੀਆਂ) ਵਿੱਚੋਂ ਜਿਨ੍ਹਾਂ ਨੇ ਕਾਫ਼ਿਰਾਂ ਦੀ ਮਦਦ ਕੀਤੀ ਸੀ ਅੱਲਾਹ ਉਹਨਾਂ ਦੀਆਂ ਗੜ੍ਹੀਆਂ ਤੋਂ ਉਹਨਾਂ ਨੂੰ ਕੱਢ ਲਿਆਇਆ। ਉਹਨਾਂ ਦੇ ਦਿਲਾਂ ਵਿਚ (ਮੁਸਲਮਾਨਾਂ ਦਾ) ਅਜਿਹਾ ਰੋਅਬ ਪਾ ਦਿੱਤਾ ਕਿ ਅੱਜ ਤੁਸੀਂ ਉਹਨਾਂ (ਬਨੂਕੁਰੇਜ਼ਾ ਦੇ ਮੁਨਾਫ਼ਿਕਾਂ) ਦੇ ਇਕ ਧੜੇ ਨੂੰ ਕਤਲ ਕਰ ਰਹੇ ਹੋ ਅਤੇ ਦੂਜੇ ਨੂੰ ਕੈਦੀ ਬਣਾ ਰਹੇ ਹੋ।

وَأَوْرَثَكُمْ أَرْضَهُمْ وَدِيَارَهُمْ وَأَمْوَالَهُمْ وَأَرْضًا لَمْ تَطَئُوهَا ۚ وَكَانَ اللَّهُ عَلَىٰ كُلِّ شَيْءٍ قَدِيرًا ﴿٢٧﴾

27 ਅਤੇ ਇੰਜ ਅੱਲਾਹ ਨੇ ਤੁਹਾਨੂੰ ਉਹਨਾਂ ਦੀ ਧਰਤੀ, ਘਰਾਂ ਅਤੇ ਮਾਲਾਂ ਦਾ ਵਾਰਸ ਬਣਾ ਦਿੱਤਾ ਅਤੇ ਉਸ ਧਰਤੀ ਦਾ ਵੀ (ਵਾਰਸ ਬਣਾਇਆ) ਜਿਸ ਨੂੰ ਤੁਸੀਂ ਆਪਣੇ ਪੈਰਾਂ ਹੇਠ ਲਤਾੜਿਆ ਵੀ ਨਹੀਂ (ਭਾਵ ਜਿੱਥੇ ਅਜੇ ਤੁਸੀਂ ਗਏ ਵੀ ਨਹੀਂ) ਅੱਲਾਹ ਤਾਂ ਹਰੇਕ ਕੰਮ ਕਰਨ ਦੀ ਸਮਰਥਾ ਰੱਖਦਾ ਹੈ।

يَا أَيُّهَا النَّبِيُّ قُلْ لِأَزْوَاجِكَ إِنْ كُنْتُنَّ تُرِدْنَ الْحَيَاةَ الدُّنْيَا وَزِينَتَهَا فَتَعَالَيْنَ أُمَتِّعْكُنَّ وَأُسَرِّحْكُنَّ سَرَاحًا جَمِيلًا ﴿٢٨﴾

28 ਹੇ ਨਬੀ! ਆਪਣੀਆਂ ਪਤਨੀਆਂ ਨੂੰ ਆਖ ਦਿਓ ਕਿ ਜੇ ਤੁਸੀਂ ਸੰਸਾਰਿਕ ਜੀਵਨ ਅਤੇ ਉਸ ਦੀ ਸ਼ੋਭਾ ਚਾਹੁੰਦੀਆਂ ਹੋ ਤਾਂ ਆਓ। ਮੈਂ ਤੁਹਾਨੂੰ ਕੁੱਝ ਦੇ ਦੁਆ ਦੇ ਸੋਹਣੇ ਢੰਗ ਨਾਲ ਤੋਰ ਦਿਆਂ[1] (ਭਾਵ ਤੁਹਾਨੂੰ ਤਲਾਕ ਦੇ ਦਿਆਂ)।

وَإِنْ كُنْتُنَّ تُرِدْنَ اللَّهَ وَرَسُولَهُ وَالدَّارَ الْآخِرَةَ فَإِنَّ اللَّهَ أَعَدَّ لِلْمُحْسِنَاتِ مِنْكُنَّ أَجْرًا عَظِيمًا ﴿٢٩﴾

29 ਅਤੇ ਜੇ ਤੁਸੀਂ ਅੱਲਾਹ ਤੇ ਉਸ ਦੇ ਰਸੂਲ ਅਤੇ ਆਖ਼ਿਰਤ (ਪਰਲੋਕ) ਦਾ ਘਰ ਚਾਹੁੰਦੀਆਂ ਹੋ ਤਾਂ ਜਾਣ ਲਓ ਕਿ ਤੁਹਾਡੇ ਵਿੱਚੋਂ ਨੇਕ ਕੰਮ ਕਰਨ ਵਾਲੀਆਂ ਲਈ ਤਾਂ ਅੱਲਾਹ ਨੇ ਬਹੁਤ ਹੀ ਵੱਡਾ ਬਦਲਾ ਤਿਆਰ ਕਰ ਛੱਡਿਆ ਹੈ।

يَا نِسَاءَ النَّبِيِّ مَنْ يَأْتِ مِنْكُنَّ بِفَاحِشَةٍ مُبَيِّنَةٍ يُضَاعَفْ لَهَا الْعَذَابُ ضِعْفَيْنِ ۚ وَكَانَ ذَٰلِكَ عَلَى اللَّهِ يَسِيرًا ﴿٣٠﴾

30. ਹੇ ਨਬੀ ਦੀ ਪਤਨੀਓ! ਤੁਹਾਡੇ ਵਿੱਚੋਂ ਜਿਹੜੀ ਵੀ ਕੋਈ ਪ੍ਰਤੱਖ ਅਸ਼ਲੀਲ ਕੰਮ ਕਰੇਗੀ ਉਸ ਨੂੰ ਦੂਹਰਾ ਅਜ਼ਾਬ ਦਿੱਤਾ ਜਾਵੇਗਾ ਅਤੇ ਅੱਲਾਹ ਲਈ ਇਹ ਕਰਨਾ ਬਹੁਤ ਹੀ ਸੌਖਾ ਕੰਮ ਹੈ।

---

[1] ਇਸ ਆਇਤ ਵਿਚ ਉਸ ਘਟਨਾ ਦੀ ਚਰਚਾ ਕੀਤੀ ਗਈ ਹੈ ਜਦੋਂ ਨਬੀ (ਸ:) ਦੀਆਂ ਪਤਨੀਆਂ ਨੇ ਆਪ ਜੀ ਤੋਂ ਕੁਝ ਵੱਧ ਖ਼ਰਚੇ ਲਈ ਮੰਗ ਕੀਤੀ ਸੀ ਜਿਸ ਨੂੰ ਆਪ ਜੀ ਨੇ ਨਾ ਪਸੰਦ ਫ਼ਰਮਾਇਆ ਸੀ ਅਤੇ ਕੁਝ ਸਮੇਂ ਲਈ ਉਨ੍ਹਾਂ ਪਤਨੀਆਂ ਤੋਂ ਅੱਡ ਰਹਿਣ ਲੱਗ ਪਏ ਸੀ। ਜਿਸ ਕਰਕੇ ਅੱਲਾਹ ਤਆਲਾ ਨੇ ਇਹ ਆਇਤ ਨਾਜ਼ਿਲ ਫ਼ਰਮਾਈ ਕਿ ਤੁਸੀਂ ਜਿਨ੍ਹਾਂ ਪਤਨੀਆਂ ਨੂੰ ਤਲਾਕ ਦੇਣਾ ਚਾਹੁੰਦੇ ਹੋ ਦੇ ਸਕਦੇ ਹੋ। ਤਾਂ ਆਪ ਨੇ ਆਪਣੀਆਂ ਪਤਨੀਆਂ ਨੂੰ ਤਲਾਕ ਲੈਣ ਦਾ ਅਧਿਕਾਰ ਦੇ ਦਿੱਤਾ। ਪਰ ਕਿਸੇ ਵੀ ਪਤਨੀ ਨੇ ਆਪ ਤੋਂ ਤਲਾਕ ਨਹੀਂ ਲਈ।

31. ਅਤੇ ਤੁਹਾਡੇ ਵਿੱਚੋਂ ਜਿਹੜੀ ਵੀ ਕੋਈ ਅੱਲਾਹ ਤੇ ਉਸ ਦੇ ਰਸੂਲ ਦੀ ਆਗਿਆ ਦਾ ਪਾਲਣ ਤੇ ਨੇਕ ਕੰਮ ਕਰੇਗੀ ਅਸੀਂ ਉਸ ਨੂੰ ਅਜਰ (ਬਦਲਾ) ਵੀ ਦੂਹਰਾ ਹੀ ਦਿਆਂਗੇ ਅਤੇ ਉਸ ਲਈ ਅਸੀਂ ਮਾਨ ਮਰਿਆਦਾ ਵਾਲੀ ਰੋਜ਼ੀ ਤਿਆਰ ਕਰ ਰੱਖੀ ਹੈ।

وَمَن يَقْنُتْ مِنكُنَّ لِلَّهِ وَرَسُولِهِ وَتَعْمَلْ صَالِحًا نُّؤْتِهَا أَجْرَهَا مَرَّتَيْنِ وَأَعْتَدْنَا لَهَا رِزْقًا كَرِيمًا ﴿٣١﴾

32. ਹੇ ਨਬੀ ਦੀ ਪਤਨੀਓ! ਤੁਸੀਂ ਸਾਧਾਰਨ ਔਰਤਾਂ ਵਾਂਗ ਨਹੀਂ ਹੋ, ਜੇ ਤੁਸੀਂ ਰੱਬ ਤੋਂ ਡਰਨ ਵਾਲੀਆਂ ਹੋ ਤਾਂ (ਕਿਸੇ ਵੀ ਗ਼ੈਰ ਮਹਿਰਮ ਨਾਲ) ਦਬਵੀਂ ਜ਼ੁਬਾਨ (ਨਰਮੀ) ਨਾਲ ਗੱਲ ਬਾਤ ਨਾ ਕਰੋ ਕਿ ਉਹ ਵਿਅਕਤੀ ਜਿਸ ਦੇ ਮਨ ਵਿਚ (ਕਾਮ ਵਾਸਨਾ ਦਾ) ਰੋਗ ਹੈ ਉਹ ਕਿਸੇ ਲੋਭ ਵਿਚ ਜਾ ਡਿਗੇ, ਸਗੋਂ ਸਾਫ਼ ਤੇ ਸਪਸ਼ਟ (ਸ਼ਬਦਾਂ ਵਿਚ) ਗੱਲ ਕਰੋ।

يَا نِسَاءَ النَّبِيِّ لَسْتُنَّ كَأَحَدٍ مِّنَ النِّسَاءِ إِنِ اتَّقَيْتُنَّ فَلَا تَخْضَعْنَ بِالْقَوْلِ فَيَطْمَعَ الَّذِي فِي قَلْبِهِ مَرَضٌ وَقُلْنَ قَوْلًا مَّعْرُوفًا ﴿٣٢﴾

33. ਤੁਸੀਂ ਆਪਣੇ ਘਰਾਂ ਵਿਚ ਟਿਕੀਆਂ ਬੈਠੀਆਂ ਰਿਹਾ ਕਰੋ ਅਤੇ ਪੁਰਾਣੇ ਜਹਾਲਤ ਦੇ ਸਮੇਂ (ਭਾਵ: ਕੁਰਆਨੀ ਸਿੱਖਿਆਵਾਂ ਆਉਣ ਤੋਂ ਪਹਿਲਾਂ) ਵਾਂਗ ਆਪਣੇ ਹੁਸਨ ਦਾ ਪ੍ਰਗਟਾਵਾ ਨਾ ਕਰਦੀਆਂ ਫਿਰੋ। ਅਤੇ ਨਮਾਜ਼ਾਂ ਕਾਇਮ ਕਰੋ ਤੇ ਜ਼ਕਾਤ ਅਦਾ ਕਰੋ ਅਤੇ ਅੱਲਾਹ ਤੇ ਉਸ ਦੇ ਰਸੂਲ ਦੀ ਆਗਿਆ ਦੀ ਪਾਲਣਾ ਕਰੋ। (ਹੇ ਅਹਲੇ ਬੈਤ!) ਅੱਲਾਹ ਤਾਂ ਇਹੋ ਚਾਹੁੰਦਾ ਹੈ ਕਿ ਉਹ ਤੁਹਾਥੋਂ ਹਰ ਪ੍ਰਕਾਰ ਦੀ ਬੁਰਾਈ ਦੂਰ ਕਰ ਦੇਵੇ ਅਤੇ ਤੁਹਾਨੂੰ ਚੰਗੀ ਤਰ੍ਹਾਂ ਪਵਿੱਤਰ ਕਰ ਦੇਵੇ।

وَقَرْنَ فِي بُيُوتِكُنَّ وَلَا تَبَرَّجْنَ تَبَرُّجَ الْجَاهِلِيَّةِ الْأُولَىٰ وَأَقِمْنَ الصَّلَاةَ وَآتِينَ الزَّكَاةَ وَأَطِعْنَ اللَّهَ وَرَسُولَهُ إِنَّمَا يُرِيدُ اللَّهُ لِيُذْهِبَ عَنكُمُ الرِّجْسَ أَهْلَ الْبَيْتِ وَيُطَهِّرَكُمْ تَطْهِيرًا ﴿٣٣﴾

34. ਅਤੇ ਤੁਹਾਡੇ ਘਰਾਂ ਵਿਚ ਜਿਹੜੀਆਂ ਵੀ ਅੱਲਾਹ ਦੀਆਂ ਆਇਤਾਂ (ਕੁਰਆਨੀ ਆਦੇਸ਼) ਅਤੇ ਹਿਕਮਤਾਂ (ਰਸੂਲ ਦੀਆਂ ਗੱਲਾਂ) ਸੁਣਾਈਆਂ ਜਾਂਦੀਆਂ ਹਨ ਉਹਨਾਂ ਨੂੰ ਯਾਦ ਰੱਖੋ। ਬੇਸ਼ੱਕ ਅੱਲਾਹ ਸੂਖਮਦਰਸ਼ੀ ਤੇ ਬਾ-ਖ਼ਬਰ ਹੈ।

وَاذْكُرْنَ مَا يُتْلَىٰ فِي بُيُوتِكُنَّ مِنْ آيَاتِ اللَّهِ وَالْحِكْمَةِ إِنَّ اللَّهَ كَانَ لَطِيفًا خَبِيرًا ﴿٣٤﴾

35. ਨਿਰਸੰਦੇਹ, ਮੁਸਲਮਾਨ ਮਰਦ ਤੇ ਔਰਤਾਂ, ਮੋਮਿਨ ਮਰਦ ਤੇ ਔਰਤਾਂ, ਆਗਿਆਕਾਰੀ ਮਰਦ ਤੇ ਔਰਤਾਂ (ਕਹਿਣੀ ਤੇ ਕਰਨੀ ਵਿਚ), ਸੱਚੇ ਮਰਦ ਤੇ ਔਰਤਾਂ, (ਮੁਸ਼ਕਲਾਂ ਆਉਣ 'ਤੇ) ਸਬਰ ਕਰਨ ਵਾਲੇ ਮਰਦ ਤੇ ਔਰਤਾਂ, ਅੱਲਾਹ ਦੇ ਅੱਗੇ ਝੁਕਣ ਵਾਲੇ ਮਰਦ ਤੇ ਔਰਤਾਂ, ਸਦਕਾ (ਪੁੰਨ ਦਾਨ) ਕਰਨ ਵਾਲੇ ਮਰਦ ਤੇ ਔਰਤਾਂ, ਰੋਜ਼ੇ ਰੱਖਣ ਵਾਲੇ ਮਰਦ ਤੇ ਔਰਤਾਂ, ਗੁਪਤ ਅੰਗਾਂ ਦੀ ਰਾਖੀ ਕਰਨ ਵਾਲੇ ਮਰਦ ਤੇ ਇਸਤਰੀਆਂ, ਅੱਲਾਹ ਦਾ ਵੱਧ ਤੋਂ ਵੱਧ ਸਿਮਰਨ ਕਰਨ ਵਾਲੇ ਮਰਦ ਤੇ ਔਰਤਾਂ, ਇਹਨਾਂ ਸਭ ਲਈ ਅੱਲਾਹ ਨੇ ਬਹੁਤ ਹੀ ਵੱਡਾ ਬਖ਼ਸ਼ਿਸ਼ ਤੇ ਉੱਚ ਦਰਜੇ ਦਾ ਬਦਲਾ ਦੇਣ ਦਾ ਪ੍ਰਬੰਧ ਕੀਤਾ ਹੋਇਆ ਹੈ।

إِنَّ الْمُسْلِمِينَ وَالْمُسْلِمَاتِ وَالْمُؤْمِنِينَ
وَالْمُؤْمِنَاتِ وَالْقَانِتِينَ وَالْقَانِتَاتِ وَالصَّادِقِينَ
وَالصَّادِقَاتِ وَالصَّابِرِينَ وَالصَّابِرَاتِ وَالْخَاشِعِينَ
وَالْخَاشِعَاتِ وَالْمُتَصَدِّقِينَ وَالْمُتَصَدِّقَاتِ وَالصَّائِمِينَ
وَالصَّائِمَاتِ وَالْحَافِظِينَ فُرُوجَهُمْ وَالْحَافِظَاتِ
وَالذَّاكِرِينَ اللَّهَ كَثِيرًا وَالذَّاكِرَاتِ أَعَدَّ اللَّهُ لَهُمْ
مَغْفِرَةً وَأَجْرًا عَظِيمًا ﴿٣٥﴾

36. ਅਤੇ ਕਿਸੇ ਵੀ ਮੋਮਿਨ ਮਰਦ ਜਾਂ ਔਰਤ ਨੂੰ ਇਹ ਹੱਕ ਨਹੀਂ ਕਿ ਜਦੋਂ ਅੱਲਾਹ ਤੇ ਉਸ ਦਾ ਰਸੂਲ ਕਿਸੇ ਮਾਮਲੇ ਦਾ ਫ਼ੈਸਲਾ ਕਰ ਦੇਵੇ ਤਾਂ ਫੇਰ ਉਸ ਨੂੰ ਆਪਣੇ ਉਸ ਮਾਮਲੇ ਵਿਚ ਫ਼ੈਸਲਾ ਕਰਨ ਦਾ ਕੋਈ ਅਧਿਕਾਰ (ਬਾਕੀ) ਨਹੀਂ। ਜਿਹੜਾ ਵੀ ਕੋਈ ਅੱਲਾਹ ਅਤੇ ਉਸ ਦੇ ਰਸੂਲ ਦੀ ਅਵੱਗਿਆ ਕਰੇਗਾ ਉਹ ਸਪਸ਼ਟ ਕੁਰਾਹੇ ਜਾ ਪਿਆ।

وَمَا كَانَ لِمُؤْمِنٍ وَلَا مُؤْمِنَةٍ إِذَا قَضَى اللَّهُ وَرَسُولُهُ
أَمْرًا أَنْ يَكُونَ لَهُمُ الْخِيَرَةُ مِنْ أَمْرِهِمْ وَمَنْ يَعْصِ
اللَّهَ وَرَسُولَهُ فَقَدْ ضَلَّ ضَلَالًا مُبِينًا ﴿٣٦﴾

37 (ਹੇ ਨਬੀ!) ਉਸ ਵੇਲੇ ਨੂੰ ਯਾਦ ਕਰੋ ਜਦੋਂ ਤੁਸੀਂ ਉਸ ਵਿਅਕਤੀ (ਜ਼ੈਦ ਬਿਨ ਹਾਰਿਸ) ਨੂੰ ਆਖ ਰਹੇ ਸੀ, ਜਿਸ 'ਤੇ ਅੱਲਾਹ ਨੇ ਅਤੇ ਤੁਸੀਂ ਵੀ ਉਪਕਾਰ ਕੀਤਾ ਸੀ ਕਿ ਤੂੰ ਆਪਣੀ ਪਤਨੀ (ਜ਼ੈਨਬ) ਨੂੰ ਆਪਣੇ ਕੋਲ ਹੀ ਰੱਖ (ਤਲਾਕ ਨਾ ਦੇ) ਅਤੇ ਅੱਲਾਹ ਤੋਂ ਡਰ। ਉਸ ਸਮੇਂ ਤੁਸੀਂ ਆਪਣੇ ਮਨ ਵਿਚ ਉਹ ਗੱਲ ਲੁਕਾ ਰੱਖੀ ਸੀ ਜਿਸ ਨੂੰ ਅੱਲਾਹ ਖੋਲ੍ਹਣਾ ਚਾਹੁੰਦਾ ਸੀ। ਤੁਸੀਂ ਲੋਕਾਂ ਤੋਂ ਡਰ ਰਹੇ ਸੀ ਜਦ ਕਿ ਅੱਲਾਹ ਹੀ ਵਧੇਰੇ ਹੱਕ ਰੱਖਦਾ ਹੈ ਕਿ ਉਸੇ ਤੋਂ ਹੀ

وَإِذْ تَقُولُ لِلَّذِي أَنْعَمَ اللَّهُ عَلَيْهِ وَأَنْعَمْتَ
عَلَيْهِ أَمْسِكْ عَلَيْكَ زَوْجَكَ وَاتَّقِ اللَّهَ وَتُخْفِي فِي
نَفْسِكَ مَا اللَّهُ مُبْدِيهِ وَتَخْشَى النَّاسَ وَاللَّهُ
أَحَقُّ أَنْ تَخْشَاهُ فَلَمَّا قَضَى زَيْدٌ مِنْهَا وَطَرًا
زَوَّجْنَاكَهَا لِكَيْ لَا يَكُونَ عَلَى الْمُؤْمِنِينَ حَرَجٌ
فِي أَزْوَاجِ أَدْعِيَائِهِمْ إِذَا قَضَوْا مِنْهُنَّ وَطَرًا
وَكَانَ أَمْرُ اللَّهِ مَفْعُولًا ﴿٣٧﴾

ਛਡਿਆ ਜਾਵੇ, ਜਦੋਂ ਜ਼ੈਦ ਨੇ ਉਸ ਔਰਤ (ਪਤਨੀ) ਤੋਂ ਆਪਣੀ ਲੋੜ ਪੂਰੀ ਕਰ ਲਈ (ਭਾਵ ਪਤਨੀ ਤੋਂ ਦਿਲ ਭਰ ਗਿਆ ਤੇ ਤਲਾਕ ਦੇ ਦਿੱਤੀ) ਫੇਰ ਅਸੀਂ ਉਸ (ਤਲਾਕੀ ਹੋਈ ਜ਼ੈਨਬ) ਨੂੰ ਤੁਹਾਡੇ ਨਿਕਾਹ ਵਿਚ ਦੇ ਦਿੱਤਾ, ਤਾਂ ਜੋ ਮੁਸਲਮਾਨਾਂ ਲਈ ਆਪਣੇ ਲੇ-ਪਾਲਕਾਂ ਦੀਆਂ ਪਤਨੀਆਂ (ਨਾਲ ਨਿਕਾਹ) ਦੇ ਮਾਮਲੇ ਵਿਚ ਕੋਈ ਤੰਗੀ ਨਾ ਰਹੇ ਜਦ ਕਿ ਉਹ (ਲੇ-ਪਾਲਕ) ਉਹਨਾਂ ਤੋਂ ਆਪਣੀ ਲੋੜਾਂ ਪੂਰੀਆਂ ਕਰ ਚੁੱਕੇ ਹੋਣ। ਅੱਲਾਹ ਦਾ ਹਰ ਹੁਕਮ ਸਾਕਾਰ ਹੋ ਕੇ ਹੀ ਰਹਿਣਾ ਹੈ।

مَا كَانَ عَلَى النَّبِيِّ مِنْ حَرَجٍ فِيمَا فَرَضَ اللَّهُ
لَهُ ۖ سُنَّةَ اللَّهِ فِي الَّذِينَ خَلَوْا مِنْ قَبْلُ ۚ
وَكَانَ أَمْرُ اللَّهِ قَدَرًا مَقْدُورًا ﴿٣٨﴾

38 ਅਤੇ ਨਬੀ ਲਈ ਉਸ ਕੰਮ ਕਰਨ ਵਿਚ ਕੋਈ ਹਰਜ ਨਹੀਂ ਜਿਹੜਾ ਅੱਲਾਹ ਨੇ ਉਸ ਲਈ ਫ਼ਰਜ਼ ਕਰ ਦਿੱਤਾ ਹੈ। ਇਹੋ ਅੱਲਾਹ ਦਾ ਦਸਤੂਰ ਉਹਨਾਂ (ਪੈਗ਼ੰਬਰਾਂ) ਲਈ ਵੀ ਰਿਹਾ ਹੈ ਜਿਹੜੇ ਪਹਿਲਾਂ ਹੋ ਚੁੱਕੇ ਹਨ। ਅੱਲਾਹ ਦੇ ਆਦੇਸ਼ ਇਕ ਅਟਲ ਫ਼ੈਸਲਾ ਹੁੰਦਾ ਹੈ।

الَّذِينَ يُبَلِّغُونَ رِسَالَاتِ اللَّهِ وَيَخْشَوْنَهُ وَلَا
يَخْشَوْنَ أَحَدًا إِلَّا اللَّهَ ۗ وَكَفَىٰ بِاللَّهِ حَسِيبًا ﴿٣٩﴾

39. ਉਹ ਸਾਰੇ ਪੈਗ਼ੰਬਰ ਜਿਹੜੇ ਅੱਲਾਹ ਦਾ ਪੈਗ਼ਾਮ (ਲੋਕਾਂ ਤੱਕ) ਪਹੁੰਚਾਉਂਦੇ ਸਨ ਉਹ ਉਸੇ (ਅੱਲਾਹ) ਤੋਂ ਹੀ ਡਰਦੇ ਸਨ ਹੋਰ ਕਿਸੇ ਤੋਂ ਨਹੀਂ ਸੀ ਡਰਦੇ। ਲੇਖਾ-ਜੋਖਾ ਲੈਣ ਲਈ ਤਾਂ ਅੱਲਾਹ ਹੀ ਕਾਫ਼ੀ ਹੈ।

مَا كَانَ مُحَمَّدٌ أَبَا أَحَدٍ مِنْ رِجَالِكُمْ وَلَٰكِنْ
رَسُولَ اللَّهِ وَخَاتَمَ النَّبِيِّينَ ۗ وَكَانَ اللَّهُ بِكُلِّ شَيْءٍ
عَلِيمًا ﴿٤٠﴾

40. (ਹੇ ਲੋਕੋ! ਸੁਣੋ ਕਿ) ਮੁਹੰਮਦ (ਸ:) ਤੁਹਾਡੇ ਲੋਕਾਂ ਵਿੱਚੋਂ ਕਿਸੇ ਦੇ ਵੀ ਪਿਤਾ ਨਹੀਂ ਪਰ ਉਹ ਅੱਲਾਹ ਦੇ ਰਸੂਲ ਅਤੇ ਸਾਰੇ ਨਬੀਆਂ ਦੇ ਸਮਾਪਕ ਹਨ[1] (ਭਾਵ ਆਖ਼ਰੀ ਨਬੀ ਹਨ) ਅਤੇ ਅੱਲਾਹ (ਸਾਰੀਆਂ ਗੱਲਾਂ ਤੋਂ) ਚੰਗੀ ਤਰ੍ਹਾਂ ਜਾਣੂ ਹੈ।

---

1 ਖ਼ਤਮ-ਏ-ਨਬੁੱਵਤ ਤੋਂ ਭਾਵ ਹੈ ਕਿ ਹੁਣ ਰਸਾਲਤੇ ਮੁਹੰਮਦੀਆ ਉੱਤੇ ਈਮਾਨ ਲਿਆਏ ਬਿਨਾਂ ਮੁਕਤੀ ਨਹੀਂ। (ਸਹੀ ਬੁਖ਼ਾਰੀ, ਹਦੀਸ: 335, 3535, 3456)

41. ਹੇ ਈਮਾਨ ਵਾਲਿਓ! ਅੱਲਾਹ ਨੂੰ ਵੱਧ ਤੋਂ ਵੱਧ ਯਾਦ ਕਰਿਆ ਕਰੋ।

يَٰٓأَيُّهَا ٱلَّذِينَ ءَامَنُوا۟ ٱذْكُرُوا۟ ٱللَّهَ ذِكْرًا كَثِيرًا ﴿41﴾

42. ਸਵੇਰੇ ਵੀ ਤੇ ਸ਼ਾਮ ਨੂੰ ਵੀ (ਭਾਵ ਹਰ ਵੇਲੇ) ਉਸੇ (ਅੱਲਾਹ) ਦੀ ਤਸਬੀਹ ਕਰੋ।

وَسَبِّحُوهُ بُكْرَةً وَأَصِيلًا ﴿42﴾

43. ਉਹੀਓ ਹੈ ਜਿਹੜਾ ਤੁਹਾਡੇ ਉੱਤੇ ਆਪਣੀਆਂ ਮਿਹਰਾਂ ਭੇਜਦਾ ਹੈ ਅਤੇ ਉਸ ਦੇ ਫ਼ਰਿਸ਼ਤੇ ਵੀ (ਤੁਹਾਡੇ ਲਈ ਦੁਆਵਾਂ ਕਰਦੇ ਹਨ) ਤਾਂ ਜੋ ਉਹ (ਅੱਲਾਹ) ਤੁਹਾਨੂੰ (ਕੁਫ਼ਰ ਦੇ) ਹਨੇਰਿਆਂ ਵਿੱਚੋਂ ਕੱਢ ਕੇ (ਈਮਾਨ ਦੇ) ਚਾਨਣ ਵੱਲ ਲੈ ਆਵੇ ਅਤੇ ਅੱਲਾਹ ਈਮਾਨ ਵਾਲਿਆਂ ਲਈ ਬਹੁਤ ਹੀ ਮਿਹਰਬਾਨ ਹੈ।

هُوَ ٱلَّذِى يُصَلِّى عَلَيْكُمْ وَمَلَٰٓئِكَتُهُۥ لِيُخْرِجَكُم مِّنَ ٱلظُّلُمَٰتِ إِلَى ٱلنُّورِ ۚ وَكَانَ بِٱلْمُؤْمِنِينَ رَحِيمًا ﴿43﴾

44. ਜਿਸ ਦਿਨ ਉਹ (ਈਮਾਨ ਵਾਲੇ) ਅੱਲਾਹ ਨੂੰ ਮਿਲਣਗੇ ਤਾਂ ਉਹਨਾਂ ਲਈ ਦੁਆ ਹੋਵੇਗੀ (ਕਿ ਤੁਹਾਡੇ 'ਤੇ) ਸਲਾਮ ਹੋਵੇ, ਉਹਨਾਂ ਲਈ ਆਦਰ-ਮਾਨ ਵਾਲਾ ਬਦਲਾ (ਸਵਰਗ) ਤਿਆਰ ਕਰ ਛੱਡਿਆ ਹੈ।

تَحِيَّتُهُمْ يَوْمَ يَلْقَوْنَهُۥ سَلَٰمٌ ۚ وَأَعَدَّ لَهُمْ أَجْرًا كَرِيمًا ﴿44﴾

45. ਹੇ ਨਬੀ! ਨਿਰਸੰਦੇਹ ਅਸੀਂ ਹੀ ਤੁਹਾਨੂੰ ਗਵਾਹੀ ਦੇਣ ਵਾਲਾ, (ਸਵਰਗਾਂ ਦੀਆਂ) ਖ਼ੁਸ਼ਖ਼ਬਰੀ ਸੁਣਾਉਣ ਵਾਲਾ ਅਤੇ (ਰੱਬ ਦੀ ਪਕੜ ਤੋਂ) ਡਰਾਉਣ ਵਾਲਾ (ਰਸੂਲ) ਬਣਾ ਕੇ ਭੇਜਿਆ ਹੈ।

يَٰٓأَيُّهَا ٱلنَّبِىُّ إِنَّآ أَرْسَلْنَٰكَ شَٰهِدًا وَمُبَشِّرًا وَنَذِيرًا ﴿45﴾

46. ਅੱਲਾਹ ਦੀ ਆਗਿਆ ਨਾਲ (ਲੋਕਾਂ ਨੂੰ) ਉਸੇ (ਰੱਬ) ਵੱਲ ਬੁਲਾਉਣ ਵਾਲਾ ਅਤੇ (ਸਿੱਧਾ ਰਾਹ ਵਿਖਾਉਣ ਵਾਲਾ) ਇਕ ਰੌਸ਼ਨੀ ਦਾ ਚਰਾਗ਼ (ਚਾਨਣ ਮੁਨਾਰਾ) ਬਣਾ ਕੇ ਭੇਜਿਆ ਹੈ।

وَدَاعِيًا إِلَى ٱللَّهِ بِإِذْنِهِۦ وَسِرَاجًا مُّنِيرًا ﴿46﴾

47. ਅਤੇ ਈਮਾਨ ਵਾਲਿਆਂ ਨੂੰ ਇਹ ਖ਼ੁਸ਼ਖ਼ਬਰੀ ਦੇ ਦਿਓ ਕਿ ਉਹਨਾਂ ਲਈ ਰੱਬ ਵੱਲੋਂ ਬਹੁਤ ਵੱਡੀ ਕ੍ਰਿਪਾਲਤਾ ਹੈ।

وَبَشِّرِ ٱلْمُؤْمِنِينَ بِأَنَّ لَهُم مِّنَ ٱللَّهِ فَضْلًا كَبِيرًا ﴿47﴾

---

[1] ਵੇਖੋ ਸੂਰਤ ਆਲਿ-ਇਮਰਾਨ, ਹਾਸ਼ੀਆ ਆਇਤ 164/3

48 (ਹੇ ਨਬੀ!) ਕਾਫ਼ਿਰਾਂ ਤੇ ਮੁਨਾਫ਼ਿਕਾਂ ਦਾ ਉੱਕਾ ਹੀ ਕਹਿਣਾ ਨਾ ਮੰਨੋ, ਉਹਨਾਂ ਵੱਲੋਂ ਦਿੱਤੀ ਹੋਈ ਤਕਲੀਫ਼ ਦੀ ਪਰਵਾਹ ਨਾ ਕਰੋ। ਅੱਲਾਹ 'ਤੇ ਹੀ ਭਰੋਸਾ ਰੱਖੋ ਅਤੇ ਸਾਰੇ ਕੰਮ ਸਵਾਰਨ ਵਾਲਾ ਅੱਲਾਹ ਹੀ ਬਥੇਰਾ ਹੈ।

وَلَا تُطِعِ الْكٰفِرِيْنَ وَالْمُنٰفِقِيْنَ وَدَعْ اَذٰىهُمْ
وَتَوَكَّلْ عَلَى اللّٰهِ ۭ وَكَفٰى بِاللّٰهِ وَكِيْلًا ٤٨

49 (ਹੇ ਈਮਾਨ ਵਾਲਿਓ!) ਜਦੋਂ ਤੁਸੀਂ ਮੋਮਿਨ ਔਰਤਾਂ ਨਾਲ ਨਿਕਾਹ ਕਰੋ ਜੇ ਹੱਥ ਲਾਉਣ ਤੋਂ ਪਹਿਲਾਂ ਹੀ ਉਹਨਾਂ ਨੂੰ ਤਲਾਕ ਦੇ ਦਿਓ ਤਾਂ ਤੁਹਾਡੇ ਵੱਲੋਂ ਉਹਨਾਂ 'ਤੇ ਕੋਈ ਇੱਦਤ ਪੂਰੀ ਕਰਨਾ ਜ਼ਰੂਰੀ ਨਹੀਂ ਕਿ ਤੁਸੀਂ ਉਸ (ਇੱਦਤ) ਦੇ ਦਿਨਾਂ ਦੀ ਗਿਣਤੀ ਕਰੋ, ਸਗੋਂ ਤੁਸੀਂ ਉਹਨਾਂ ਨੂੰ ਕੁੱਝ ਨਾ ਕੁੱਝ (ਮਾਲ) ਦੇ ਕੇ ਸੋਹਣੇ ਢੰਗ ਨਾਲ ਵਿਦਾ ਕਰੋ।

يٰٓاَيُّهَا الَّذِيْنَ اٰمَنُوْٓا اِذَا نَكَحْتُمُ الْمُؤْمِنٰتِ ثُمَّ
طَلَّقْتُمُوْهُنَّ مِنْ قَبْلِ اَنْ تَمَسُّوْهُنَّ فَمَا لَكُمْ
عَلَيْهِنَّ مِنْ عِدَّةٍ تَعْتَدُّوْنَهَا ۚ فَمَتِّعُوْهُنَّ
وَسَرِّحُوْهُنَّ سَرَاحًا جَمِيْلًا ٤٩

50. (ਹੇ ਨਬੀ!) ਅਸਾਂ ਤੁਹਾਡੇ ਲਈ ਤੁਹਾਡੀਆਂ ਉਹ ਪਤਨੀਆਂ ਹਲਾਲ (ਜਾਇਜ਼) ਕਰ ਦਿੱਤੀਆਂ ਜਿਨ੍ਹਾਂ ਦੇ ਮਹਿਰ ਤੁਸੀਂ ਅਦਾ ਕਰ ਚੁੱਕੇ ਹੋ ਅਤੇ ਉਹ ਦਾਸੀਆਂ ਵੀ ਜਾਇਜ਼ ਹਨ ਜਿਹੜੀਆਂ ਤੁਹਾਡੀ ਮਲਕੀਅਤ ਵਿਚ ਹਨ, ਜਿਹਨਾਂ ਨੂੰ ਅੱਲਾਹ ਨੇ ਤੁਹਾਨੂੰ ਮਾਲੇ ਗ਼ਨੀਮਤ ਵਜੋਂ ਦਿੱਤੀਆਂ ਹਨ। ਤੁਹਾਡੇ ਚਾਚੇ, ਭੂਆ, ਮਾਮੇ ਅਤੇ ਮਾਸੀ ਦੀਆਂ ਧੀਆਂ, ਜਿਨ੍ਹਾਂ ਨੇ ਤੁਹਾਡੇ ਨਾਲ ਹਿਜਰਤ ਕੀਤੀ ਹੈ ਅਤੇ ਉਹ ਈਮਾਨ ਵਾਲੀਆਂ ਜ਼ਨਾਨੀਆਂ ਵੀ ਹਲਾਲ ਹਨ ਜਿਨ੍ਹਾਂ ਨੇ ਆਪਣੇ ਆਪ ਨੂੰ ਨਬੀ ਲਈ ਹਿਬਾ ਕਰ ਦਿੱਤਾ ਹੋਵੇ ਅਤੇ ਜੇ ਨਬੀ ਵੀ ਉਸ ਨਾਲ ਨਿਕਾਹ ਕਰਨਾ ਚਾਹੁੰਦਾ ਹੋਵੇ ਤਾਂ ਉਸ ਨੂੰ ਨਿਕਾਹ ਵਿਚ ਲੈ ਆਵੇ। ਪਰ ਇਹ ਛੂਟ ਕੇਵਲ ਤੁਹਾਡੇ ਲਈ ਹੈ, ਦੂਜੇ ਮੋਮਿਨਾਂ ਲਈ ਨਹੀਂ। ਜਿਹੜੇ ਹੁਕਮ ਅਸੀਂ ਉਹਨਾਂ (ਸਾਧਾਰਨ ਮੁਸਲਮਾਨ) ਦੀਆਂ ਪਤਨੀਆਂ

يٰٓاَيُّهَا النَّبِيُّ اِنَّآ اَحْلَلْنَا لَكَ اَزْوَاجَكَ الّٰتِيْٓ اٰتَيْتَ
اُجُوْرَهُنَّ وَمَا مَلَكَتْ يَمِيْنُكَ مِمَّآ اَفَاۗءَ اللّٰهُ عَلَيْكَ
وَبَنٰتِ عَمِّكَ وَبَنٰتِ عَمّٰتِكَ وَبَنٰتِ خَالِكَ وَبَنٰتِ
خٰلٰتِكَ الّٰتِيْ هَاجَرْنَ مَعَكَ ۡ وَامْرَاَةً مُّؤْمِنَةً اِنْ
وَّهَبَتْ نَفْسَهَا لِلنَّبِيِّ اِنْ اَرَادَ النَّبِيُّ اَنْ يَّسْتَنْكِحَهَا ۤ
خَالِصَةً لَّكَ مِنْ دُوْنِ الْمُؤْمِنِيْنَ ۭ قَدْ عَلِمْنَا
مَا فَرَضْنَا عَلَيْهِمْ فِيْٓ اَزْوَاجِهِمْ وَمَا مَلَكَتْ
اَيْمَانُهُمْ لِكَيْلَا يَكُوْنَ عَلَيْكَ حَرَجٌ ۭ وَكَانَ اللّٰهُ
غَفُوْرًا رَّحِيْمًا ٥٠

ਅਤੇ ਦਾਸੀਆਂ ਬਾਰੇ ਦਿੱਤੇ ਹੋਏ ਹਨ ਅਸੀਂ ਭਲੀ-ਭਾਂਤ ਜਾਣਦੇ ਹਾਂ। (ਤੁਹਾਡੇ ਲਈ ਪਤਨੀਆਂ ਦੀ ਵਿਸ਼ੇਸ਼ ਛੂਟ ਇਸ ਲਈ ਹੈ ਕਿ) ਤੁਹਾਨੂੰ ਕਿਸੇ ਤਰ੍ਹਾਂ ਦੀ ਤੰਗੀ ਨਾ ਹੋਵੇ। ਅੱਲਾਹ ਵੱਡਾ ਬਖ਼ਸ਼ਣਹਾਰ ਤੇ ਰਹਿਮ ਕਰਨ ਵਾਲਾ ਹੈ।

51. (ਹੇ ਨਬੀ!) ਤੁਸੀਂ ਆਪਣੀਆਂ ਪਤਨੀਆਂ ਵਿੱਚੋਂ ਜਿਸ ਨੂੰ ਵੀ ਚਾਹੋ ਆਪਣੇ ਤੋਂ ਅੱਡ ਰੱਖੋ ਤੇ ਜਿਸ ਨੂੰ ਚਾਹੋ ਆਪਣੇ ਕੋਲ ਰੱਖੋ। ਜਿਨ੍ਹਾਂ ਨੂੰ ਤੁਸੀਂ ਅੱਡ ਰੱਖਿਆ ਹੋਇਆ ਹੈ ਜੇ ਤੁਸੀਂ ਉਹਨਾਂ ਨੂੰ ਵੀ ਆਪਣੇ ਕੋਲ ਬੁਲਾ ਲਵੋ ਤਾਂ ਵੀ ਤੁਹਾਡੇ ਸਿਰ ਕੋਈ ਦੋਸ਼ ਨਹੀਂ। ਇਸ ਗੱਲ ਤੋਂ ਵਧੇਰੇ ਆਸ ਕੀਤੀ ਜਾ ਸਕਦੀ ਹੈ ਕਿ ਉਹਨਾਂ ਦੀਆਂ ਅੱਖਾਂ (ਆਪ ਜੀ ਨੂੰ ਵੇਖ ਕੇ) ਠੰਡੀਆਂ ਰਹਿਣਗੀਆਂ, ਉਹ ਦੁਖੀ ਨਹੀਂ ਹੋਣਗੀਆਂ ਅਤੇ ਤੁਸੀਂ ਉਹਨਾਂ ਨੂੰ ਜੋ ਵੀ ਦਿਓਗੇ ਉਹ ਸਭ ਉਸ ਤੋਂ ਖ਼ੁਸ਼ ਹੋਣਗੀਆਂ ਤੁਹਾਡੇ ਦਿਲਾਂ ਵਿਚ ਜੋ ਵੀ (ਭਲਾਈ) ਉਹਨਾਂ ਲਈ ਹੈ, ਅੱਲਾਹ ਉਸ ਨੂੰ ਚੰਗੀ ਤਰ੍ਹਾਂ ਜਾਣਦਾ ਹੈ। ਅੱਲਾਹ ਸਹਿਨਸ਼ੀਲਤਾ ਨਾਲ ਹਰ ਗੱਲ ਜਾਣਦਾ ਹੈ।

تُرْجِي مَن تَشَاءُ مِنْهُنَّ وَتُؤْوِي إِلَيْكَ مَن تَشَاءُ ۖ
وَمَنِ ابْتَغَيْتَ مِمَّنْ عَزَلْتَ فَلَا جُنَاحَ عَلَيْكَ ۚ ذَٰلِكَ
أَدْنَىٰ أَن تَقَرَّ أَعْيُنُهُنَّ وَلَا يَحْزَنَّ وَيَرْضَيْنَ
بِمَا آتَيْتَهُنَّ كُلُّهُنَّ ۚ وَاللَّهُ يَعْلَمُ مَا فِي قُلُوبِكُمْ ۚ
وَكَانَ اللَّهُ عَلِيمًا حَلِيمًا (51)

52. ਇਹਨਾਂ ਪਤਨੀਆਂ ਤੋਂ ਬਾਅਦ ਤੁਹਾਡੇ ਲਈ ਹੋਰ ਔਰਤਾਂ (ਨਿਕਾਹ ਲਈ) ਜਾਇਜ਼ ਨਹੀਂ ਅਤੇ ਨਾ ਇਹ (ਜਾਇਜ਼) ਹੈ ਕਿ ਤੁਸੀਂ ਇਹਨਾਂ ਪਤਨੀਆਂ ਦੀ ਥਾਂ ਹੋਰਾਂ ਪਤਨੀਆਂ ਨਾਲ ਨਿਕਾਹ ਕਰੋ, ਭਾਵੇਂ ਉਹ ਤੁਹਾਨੂੰ ਕਿੰਨੀਆਂ ਹੀ ਸੋਹਣੀਆਂ ਕਿਉਂ ਨਾ ਲੱਗਦੀਆਂ ਹੋਣ, ਪਰ ਹਾਂ ਉਹਨਾਂ ਦਾਸੀਆਂ ਦੀ ਛੂਟ ਹੈ ਜਿਹੜੀਆਂ ਤੁਹਾਡੀ ਮਲਕੀਅਤ ਵਿਚ ਹਨ। ਅੱਲਾਹ ਹਰੇਕ ਚੀਜ਼ ਦੀ ਨਿਗਰਾਨੀ ਕਰਦਾ ਹੈ।

لَّا يَحِلُّ لَكَ النِّسَاءُ مِن بَعْدُ وَلَا أَن تَبَدَّلَ بِهِنَّ
مِنْ أَزْوَاجٍ وَلَوْ أَعْجَبَكَ حُسْنُهُنَّ إِلَّا مَا مَلَكَتْ
يَمِينُكَ ۗ وَكَانَ اللَّهُ عَلَىٰ كُلِّ شَيْءٍ رَّقِيبًا (52)

53. (ਹੇ ਈਮਾਨ ਵਾਲਿਓ!) ਤੁਸੀਂ ਨਬੀ (ਸ.) ਦੇ ਘਰਾਂ ਵਿਚ ਬਿਨਾਂ ਆਗਿਆ ਨਾ ਵੜਿਆ ਕਰੋ, ਹਾਂ! ਜੇ ਤੁਹਾਨੂੰ ਸੱਦਿਆ ਜਾਵੇ (ਤਦ ਜਾਓ) ਪਰ ਉੱਥੇ ਜਾਕੇ ਭੋਜਨ ਤਿਆਰ ਹੋਣ ਦੀ ਉਡੀਕ ਵਿਚ ਨਾ ਬੈਠੇ ਰਹੋ, ਹਾਂ! ਜੇ ਤੁਹਾਨੂੰ ਭੋਜਨ ਲਈ ਸੱਦਿਆ ਜਾਵੇ, ਉਸ ਸਮੇਂ ਜਾਓ। ਜਦੋਂ ਭੋਜਨ ਕਰ ਚੁੱਕੋ ਤਾਂ ਖਿਲਰ ਜਾਓ, ਉੱਥੇ ਹੀ ਗੱਲਾਂ ਵਿਚ ਨਾ ਰੁੱਝੇ ਰਹੋ। ਨਬੀ (ਸ.) ਨੂੰ ਤੁਹਾਡੀਆਂ ਇਹ ਹਰਕਤਾਂ ਦੁੱਖ ਦਿੰਦੀਆਂ ਹਨ। ਪਰ ਉਹ (ਕੁੱਝ ਕਹਿਣੋਂ) ਸੰਗਦਾ ਹੈ, ਜਦ ਕਿ ਅੱਲਾਹ ਸੱਚੀ ਗੱਲ ਆਖਣੋਂ ਨਹੀਂ ਸੰਗਦਾ। (ਹੇ ਮੁਸਲਮਾਨੋਂ!) ਜਦੋਂ ਤੁਸੀਂ ਨਬੀ (ਸ.) ਦੀਆਂ ਪਤਨੀਆਂ ਤੋਂ ਕੁੱਝ ਮੰਗਣਾ ਹੋਵੇ (ਜਾਂ ਪੁੱਛਣਾ ਹੋਵੇ) ਤਾਂ ਪਰਦੇ ਦੀ ਓਟ ਕਰਕੇ ਮੰਗੋ। ਤੁਹਾਡੇ ਮਨ ਲਈ ਵੀ ਅਤੇ ਉਹਨਾਂ ਦੇ ਮਨਾਂ ਦੀ ਪਵਿੱਤਰਤਾ ਲਈ ਇਹੋ ਵਧੇਰੇ ਉਚਿਤ ਹੈ। ਇਹ ਗੱਲ ਤੁਹਾਡੇ ਲਈ ਉਚਿਤ ਨਹੀਂ ਕਿ ਤੁਸੀਂ ਅੱਲਾਹ ਦੇ ਪੈਗ਼ੰਬਰ ਨੂੰ ਕਿਸੇ ਤਰ੍ਹਾਂ ਦਾ ਦੁੱਖ ਪਹੁੰਚਾਓ ਅਤੇ ਨਾ ਹੀ ਇਹ ਜਾਇਜ਼ ਹੈ ਕਿ ਤੁਸੀਂ ਉਹਨਾਂ ਦੇ (ਅਕਾਲ ਚਲਾਣੇ) ਮਗਰੋਂ ਉਹਨਾਂ ਦੀਆਂ ਪਤਨੀਆਂ ਨਾਲ ਨਿਕਾਹ ਕਰੋ। ਅੱਲਾਹ ਦੀ ਨਜ਼ਰ ਵਿਚ ਇਹ ਬਹੁਤ ਹੀ ਵੱਡਾ ਪਾਪ ਹੈ।

يَا أَيُّهَا الَّذِينَ آمَنُوا لَا تَدْخُلُوا بُيُوتَ النَّبِيِّ إِلَّا
أَنْ يُؤْذَنَ لَكُمْ إِلَىٰ طَعَامٍ غَيْرَ نَاظِرِينَ إِنَاهُ
وَلَٰكِنْ إِذَا دُعِيتُمْ فَادْخُلُوا فَإِذَا طَعِمْتُمْ
فَانْتَشِرُوا وَلَا مُسْتَأْنِسِينَ لِحَدِيثٍ ۚ إِنَّ ذَٰلِكُمْ كَانَ
يُؤْذِي النَّبِيَّ فَيَسْتَحْيِي مِنْكُمْ ۖ وَاللَّهُ لَا يَسْتَحْيِي مِنَ
الْحَقِّ ۚ وَإِذَا سَأَلْتُمُوهُنَّ مَتَاعًا فَاسْأَلُوهُنَّ مِنْ وَرَاءِ
حِجَابٍ ۚ ذَٰلِكُمْ أَطْهَرُ لِقُلُوبِكُمْ وَقُلُوبِهِنَّ ۚ وَمَا كَانَ
لَكُمْ أَنْ تُؤْذُوا رَسُولَ اللَّهِ وَلَا أَنْ تَنْكِحُوا أَزْوَاجَهُ
مِنْ بَعْدِهِ أَبَدًا ۚ إِنَّ ذَٰلِكُمْ كَانَ عِنْدَ اللَّهِ عَظِيمًا ﴿٥٣﴾

54. ਤੁਸੀਂ ਕਿਸੇ ਗੱਲ ਨੂੰ ਪ੍ਰਗਟ ਕਰੋ ਜਾਂ ਛੁਪਾਓ ਅੱਲਾਹ ਹਰ ਗੱਲ ਤੋਂ ਜਾਣੂ ਹੈ।

إِنْ تُبْدُوا شَيْئًا أَوْ تُخْفُوهُ فَإِنَّ اللَّهَ كَانَ بِكُلِّ
شَيْءٍ عَلِيمًا ﴿٥٤﴾

55 ਉਹਨਾਂ (ਜ਼ਨਾਨੀਆਂ) ਲਈ ਆਪਣੇ ਪਿਓ (ਸਣੇ ਦਾਦਾ, ਨਾਨਾ, ਸੌਹਰਾ), ਪੁੱਤਰ, ਭਰਾ, ਭਤੀਜੇ, ਭਾਂਜੇ ਅਤੇ ਆਪਣੇ ਵਰਗੀਆਂ ਮੋਮਿਨ ਔਰਤਾਂ ਅਤੇ ਆਪਣੇ ਅਧੀਨ ਕੰਮ ਕਰਨ ਵਾਲੇ (ਨੌਕਰਾਂ) ਦੇ ਸਾਹਮਣੇ ਆਉਣ ਵਿਚ ਕੋਈ ਹਰਜ ਨਹੀਂ। (ਹੇ ਔਰਤੋ!) ਤੁਸੀਂ

لَا جُنَاحَ عَلَيْهِنَّ فِي آبَائِهِنَّ وَلَا أَبْنَائِهِنَّ
وَلَا إِخْوَانِهِنَّ وَلَا أَبْنَاءِ إِخْوَانِهِنَّ وَلَا أَبْنَاءِ
أَخَوَاتِهِنَّ وَلَا نِسَائِهِنَّ وَلَا مَا مَلَكَتْ أَيْمَانُهُنَّ ۗ
وَاتَّقِينَ اللَّهَ ۚ إِنَّ اللَّهَ كَانَ عَلَىٰ كُلِّ شَيْءٍ
شَهِيدًا ﴿٥٥﴾

ਅੱਲਾਹ ਤੋਂ ਡਰਦੀਆਂ ਰਹੋ, ਬੇਸ਼ੱਕ ਅੱਲਾਹ ਤੁਹਾਡੇ ਹਰੇਕ ਕੰਮ ਦਾ ਗਵਾਹ ਹੈ।

إِنَّ اللَّهَ وَمَلَائِكَتَهُ يُصَلُّونَ عَلَى النَّبِيِّ ۚ يَا أَيُّهَا الَّذِينَ آمَنُوا صَلُّوا عَلَيْهِ وَسَلِّمُوا تَسْلِيمًا ﴿٥٦﴾

56 ਬੇਸ਼ੱਕ ਅੱਲਾਹ ਅਤੇ ਉਸ ਦੇ ਫ਼ਰਿਸ਼ਤੇ ਨਬੀ (ਮੁਹੰਮਦ ਸ:) ਉੱਤੇ ਰਹਿਮਤਾਂ ਭੇਜਦੇ ਹਨ, ਹੇ ਈਮਾਨ ਵਾਲਿਓ! ਤੁਸੀਂ ਵੀ ਉਹਨਾਂ 'ਤੇ ਦਰੂਦ ਤੇ ਸਲਾਮ ਭੇਜਦੇ ਰਿਹਾ ਕਰੋ।

إِنَّ الَّذِينَ يُؤْذُونَ اللَّهَ وَرَسُولَهُ لَعَنَهُمُ اللَّهُ فِي الدُّنْيَا وَالْآخِرَةِ وَأَعَدَّ لَهُمْ عَذَابًا مُهِينًا ﴿٥٧﴾

57 ਨਿਰਸੰਦੇਹ, ਜਿਹੜੇ ਲੋਕ ਵੀ ਅੱਲਾਹ ਤੇ ਉਸ ਦੇ ਰਸੂਲ (ਮੁਹੰਮਦ ਸ:) ਨੂੰ ਕਿਸੇ ਵੀ ਤਰ੍ਹਾਂ ਦਾ ਦੁੱਖ ਦਿੰਦੇ ਹਨ ਉਹਨਾਂ ਉੱਤੇ ਲੋਕ ਤੇ ਪਰਲੋਕ ਵਿਚ ਅੱਲਾਹ ਦੀਆਂ ਫ਼ਿਟਕਾਰਾਂ ਹਨ ਅਤੇ ਉਹਨਾਂ ਲੋਕਾਂ ਲਈ ਜ਼ਲੀਲ ਕਰਨ ਵਾਲਾ ਅਜ਼ਾਬ ਤਿਆਰ ਕਰ ਛੱਡਿਆ ਹੈ।

وَالَّذِينَ يُؤْذُونَ الْمُؤْمِنِينَ وَالْمُؤْمِنَاتِ بِغَيْرِ مَا اكْتَسَبُوا فَقَدِ احْتَمَلُوا بُهْتَانًا وَإِثْمًا مُبِينًا ﴿٥٨﴾

58 ਜਿਹੜੇ ਲੋਕੀ ਮੋਮਿਨ ਪੁਰਸ਼ਾਂ ਤੇ ਜ਼ਨਾਨੀਆਂ ਨੂੰ ਬਿਨਾਂ ਕਿਸੇ ਕਸੂਰ ਤੋਂ ਸਤਾਉਂਦੇ ਹਨ, ਨਿਰਸੰਦੇਹ, ਉਹ ਆਪਣੇ ਸਿਰਾਂ ਉੱਤੇ ਇਕ ਵੱਡਾ ਬਹੁਤਾਨ (ਊਜ) ਅਤੇ ਪ੍ਰਤੱਖ ਪਾਪਾਂ ਦਾ ਬੋਝ ਚੁੱਕੀ ਫਿਰਦੇ ਹਨ।

يَا أَيُّهَا النَّبِيُّ قُلْ لِأَزْوَاجِكَ وَبَنَاتِكَ وَنِسَاءِ الْمُؤْمِنِينَ يُدْنِينَ عَلَيْهِنَّ مِنْ جَلَابِيبِهِنَّ ۚ ذَٰلِكَ أَدْنَىٰ أَنْ يُعْرَفْنَ فَلَا يُؤْذَيْنَ ۗ وَكَانَ اللَّهُ غَفُورًا رَحِيمًا ﴿٥٩﴾

59 ਹੇ ਨਬੀ (ਸ:)! ਆਪਣੀਆਂ ਪਤਨੀਆਂ, ਧੀਆਂ ਤੇ ਮੋਮਿਨ ਔਰਤਾਂ ਨੂੰ ਆਖੋ ਕਿ (ਜਦੋਂ ਘਰੋਂ ਬਾਹਰ ਜਾਣ ਤਾਂ) ਉਹ ਆਪਣੇ ਉੱਤੇ ਇਕ ਵੱਡੀ ਚੱਦਰ ਲੈ ਲਿਆ ਕਰਨ, ਇੰਜ ਉਹਨਾਂ ਦੀ ਬੜੀ ਛੇਤੀ ਪਛਾਣ ਹੋ ਜਾਇਆ ਕਰੇਗੀ[1] (ਕਿ ਉਹ ਨੇਕ ਬੀਬੀਆਂ ਹਨ) ਫੇਰ ਉਹਨਾਂ ਨੂੰ ਕੋਈ ਤੰਗ ਨਹੀਂ ਕਰੇਗਾ। ਅੱਲਾਹ ਆਪਣੀਆਂ ਮਿਹਰਾਂ ਸਦਕੇ ਬਖ਼ਸ਼ਣਹਾਰ ਹੈ।

---

[1] ਵੇਖੋ ਸੂਰਤ ਅਨ-ਨੂਰ, ਹਾਸ਼ੀਆ ਆਇਤ 31/24

60. ਜੇ ਮੁਨਾਫ਼ਿਕ ਅਤੇ ਉਹ ਜਿਨ੍ਹਾਂ ਦੇ ਮਨਾਂ ਵਿਚ ਖੋਟ ਹੈ ਅਤੇ ਉਹ ਜਿਹੜੇ ਮਦੀਨੇ ਵਿਚ ਝੂਠੀਆਂ ਅਫ਼ਵਾਹਾਂ ਫੈਲਾਉਂਦੇ ਹਨ, ਜੇ ਉਹ ਆਪਣੀਆਂ ਹਰਕਤਾਂ ਤੋਂ ਬਾਜ਼ ਨਾ ਆਏ ਤਾਂ ਅਸੀਂ ਤੁਹਾਨੂੰ ਜ਼ਰੂਰ ਹੀ ਉਹਨਾਂ ਦੇ ਵਿਰੁੱਧ ਇਕ ਨਾ ਇਕ ਦਿਨ ਖੜਾ ਕਰਾਂਗੇ, ਫੇਰ ਤਾਂ ਉਹ ਤੁਹਾਡੇ ਨਾਲ (ਹੇ ਨਬੀ!) ਇਸ ਸ਼ਹਿਰ (ਮਦੀਨੇ) ਵਿਖੇ ਥੋੜ੍ਹੇ ਹੀ ਸਮੇਂ ਲਈ ਰਹਿ ਸਕਣਗੇ।

لَئِن لَّمْ يَنتَهِ الْمُنَافِقُونَ وَالَّذِينَ فِي قُلُوبِهِم مَّرَضٌ
وَالْمُرْجِفُونَ فِي الْمَدِينَةِ لَنُغْرِيَنَّكَ بِهِمْ ثُمَّ
لَا يُجَاوِرُونَكَ فِيهَا إِلَّا قَلِيلًا ﴿٦٠﴾

61. ਉਹ (ਹਰ ਪਾਸਿਓਂ) ਫਿਟਕਾਰੇ ਹੋਏ ਹਨ, ਜਿੱਥੇ ਵੀ ਉਹ ਵਿਖਾਈ ਦੇਣਗੇ ਫੜੇ ਜਾਣਗੇ ਅਤੇ ਬੁਰੀ ਤਰ੍ਹਾਂ ਮਾਰ ਦਿੱਤੇ ਜਾਣਗੇ।

مَّلْعُونِينَ ۖ أَيْنَمَا ثُقِفُوا أُخِذُوا وَقُتِّلُوا
تَقْتِيلًا ﴿٦١﴾

62. ਜਿਹੜੇ ਲੋਕ ਪਹਿਲਾਂ ਬੀਤ ਚੁੱਕੇ ਹਨ ਉਹਨਾਂ ਲਈ ਵੀ ਅੱਲਾਹ ਦਾ ਇਹੋ ਦਸਤੂਰ ਸੀ। ਤੁਸੀਂ ਰੱਬ ਦੇ ਦਸਤੂਰ ਵਿਚ ਕਦੇ ਕੋਈ ਅਦਲਾ ਬਦਲੀ ਨਹੀਂ ਵੇਖੋਗੇ।

سُنَّةَ اللَّهِ فِي الَّذِينَ خَلَوْا مِن قَبْلُ ۖ وَلَن تَجِدَ لِسُنَّةِ
اللَّهِ تَبْدِيلًا ﴿٦٢﴾

63. (ਹੇ ਨਬੀ!) ਲੋਕੀ ਤੁਹਾਥੋਂ ਕਿਆਮਤ ਬਾਰੇ ਪੁੱਛਦੇ ਹਨ, ਤੁਸੀਂ ਆਖੋ ਕਿ ਇਸ ਦਾ ਗਿਆਨ ਤਾਂ ਅੱਲਾਹ ਨੂੰ ਹੀ ਹੈ। ਤੁਹਾਨੂੰ ਕੀ ਪਤਾ ਹੈ ਕਿ ਉਹ ਨੇੜੇ ਹੀ ਹੋਵੇ?

يَسْأَلُكَ النَّاسُ عَنِ السَّاعَةِ ۖ قُلْ إِنَّمَا عِلْمُهَا عِندَ
اللَّهِ ۚ وَمَا يُدْرِيكَ لَعَلَّ السَّاعَةَ تَكُونُ قَرِيبًا ﴿٦٣﴾

64. ਬੇਸ਼ੱਕ ਅੱਲਾਹ ਨੇ ਕਾਫ਼ਿਰਾਂ 'ਤੇ ਲਾਅਨਤਾਂ ਪਾਈਆਂ ਹਨ ਅਤੇ ਉਹਨਾਂ ਲਈ ਭੜਕਦੀ ਹੋਈ ਅੱਗ ਤਿਆਰ ਕਰ ਰੱਖੀ ਹੈ।

إِنَّ اللَّهَ لَعَنَ الْكَافِرِينَ وَأَعَدَّ لَهُمْ سَعِيرًا ﴿٦٤﴾

65. ਉਹ ਇਸ (ਨਰਕ) ਵਿਚ ਸਦਾ ਲਈ ਰਹਿਣਗੇ, ਉੱਥੇ ਨਾ ਤਾਂ ਉਹਨਾਂ ਦਾ ਕੋਈ ਹਿਮਾਇਤੀ ਹੋਵੇਗਾ ਤੇ ਨਾ ਹੀ ਕੋਈ ਸਹਾਈ ਹੋਵੇਗਾ।

خَالِدِينَ فِيهَا أَبَدًا ۖ لَّا يَجِدُونَ وَلِيًّا وَلَا نَصِيرًا ﴿٦٥﴾

يَوْمَ تُقَلَّبُ وُجُوهُهُمْ فِي النَّارِ يَقُولُونَ يَٰلَيْتَنَآ أَطَعْنَا ٱللَّهَ وَأَطَعْنَا ٱلرَّسُولَا ﴿٦٦﴾

66. ਉਸ ਦਿਨ ਉਹਨਾਂ (ਕਾਫ਼ਿਰਾਂ) ਦੇ ਚਿਹਰੇ ਅੱਗ ਵਿਚ ਉਲਟਾਏ ਪਲਟਾਏ ਜਾਣਗੇ ਤਾਂ ਉਹ ਆਖਣਗੇ ਕਿ ਕਾਸ਼! ਅਸੀਂ ਅੱਲਾਹ ਅਤੇ ਉਸ ਦੇ ਰਸੂਲ (ਦੇ ਹੁਕਮਾਂ) ਦੀ ਪਾਲਣਾ ਕਰਦੇ।

وَقَالُوا رَبَّنَآ إِنَّآ أَطَعْنَا سَادَتَنَا وَكُبَرَآءَنَا فَأَضَلُّونَا ٱلسَّبِيلَا ﴿٦٧﴾

67. ਅਤੇ ਆਖਣਗੇ ਕਿ ਹੇ ਸਾਡੇ ਰੱਬਾ! ਅਸੀਂ ਤਾਂ ਆਪਣੇ ਸਰਦਾਰਾਂ ਤੇ ਵੱਡਿਆਂ ਦੀ ਹੀ ਪਾਲਣਾ ਕੀਤੀ ਅਤੇ ਉਨ੍ਹਾਂ ਨੇ ਹੀ ਸਾਨੂੰ ਸਿੱਧੇ ਰਾਹੋਂ ਭਟਕਾ ਦਿੱਤਾ।

رَبَّنَآ ءَاتِهِمْ ضِعْفَيْنِ مِنَ ٱلْعَذَابِ وَٱلْعَنْهُمْ لَعْنًا كَبِيرًا ﴿٦٨﴾

68. (ਰੱਬ ਨੂੰ ਬੇਨਤੀ) ਕਰਦੇ ਹੋਏ ਉਹ (ਇਨਕਾਰੀ) ਆਖਣਗੇ ਕਿ ਸਾਡੇ ਰੱਬ ਤੂੰ ਸਾਡੇ ਉਹਨਾਂ (ਸਰਦਾਰਾਂ) ਨੂੰ ਦੂੱਗਣਾ ਅਜ਼ਾਬ ਦੇ ਅਤੇ ਉਹਨਾਂ 'ਤੇ ਵਧ ਤੋਂ ਵਧ ਲਾਅਨਤਾਂ ਭੇਜ।

يَٰٓأَيُّهَا ٱلَّذِينَ ءَامَنُوا لَا تَكُونُوا كَٱلَّذِينَ ءَاذَوْا مُوسَىٰ فَبَرَّأَهُ ٱللَّهُ مِمَّا قَالُوا ۚ وَكَانَ عِندَ ٱللَّهِ وَجِيهًا ﴿٦٩﴾

69. ਹੇ ਈਮਾਨ ਵਾਲਿਓ! ਤੁਸੀਂ ਉਹਨਾਂ ਲੋਕਾਂ ਵਾਂਗ ਨਾ ਹੋ ਜਾਣਾ ਜਿਨ੍ਹਾਂ ਨੇ ਮੂਸਾ ਨੂੰ ਸਤਾਇਆ ਸੀ। ਜਿਹੜੀਆਂ ਗੱਲਾਂ ਉਹ (ਮੂਸਾ) ਬਾਰੇ ਕਰਦੇ ਸੀ ਅੱਲਾਹ ਨੇ ਉਹਨਾਂ ਸਭ ਤੋਂ (ਮੂਸਾ ਨੂੰ) ਬਰੀ ਕਰ ਦਿੱਤਾ। ਉਹ (ਮੂਸਾ) ਤਾਂ ਰੱਬ ਦੀਆਂ ਨਜ਼ਰਾਂ ਵਿਚ ਉੱਚੇ ਮਰਾਤਬੇ ਵਾਲਾ ਸੀ।

يَٰٓأَيُّهَا ٱلَّذِينَ ءَامَنُوا ٱتَّقُوا ٱللَّهَ وَقُولُوا قَوْلًا سَدِيدًا ﴿٧٠﴾

70. ਹੇ ਈਮਾਨ ਵਾਲਿਓ! ਤੁਸੀਂ (ਕੇਵਲ) ਅੱਲਾਹ ਤੋਂ ਹੀ ਡਰੋ ਅਤੇ ਸਿੱਧੀਆਂ ਤੇ ਸੱਚੀਆਂ ਗੱਲਾਂ ਕਰਿਆ ਕਰੋ।

يُصْلِحْ لَكُمْ أَعْمَٰلَكُمْ وَيَغْفِرْ لَكُمْ ذُنُوبَكُمْ ۗ وَمَن يُطِعِ ٱللَّهَ وَرَسُولَهُۥ فَقَدْ فَازَ فَوْزًا عَظِيمًا ﴿٧١﴾

71. (ਇੰਜ ਕਰਨ ਨਾਲ) ਉਹ (ਅੱਲਾਹ) ਤੁਹਾਡੇ ਸਾਰੇ ਕੰਮਾਂ ਨੂੰ ਸੁਆਰ ਦੇਵੇਗਾ ਅਤੇ ਤੁਹਾਡੇ ਗੁਨਾਹਾਂ ਨੂੰ ਮੁਆਫ਼ ਕਰ ਦੇਵੇਗਾ ਅਤੇ ਜਿਹੜਾ ਵੀ ਕੋਈ ਅੱਲਾਹ ਅਤੇ ਉਸ ਦੇ ਰਸੂਲ ਦੇ ਹੁਕਮਾਂ ਦੀ ਪਾਲਣਾ ਕਰੇਗਾ, ਬੇਸ਼ੱਕ ਉਸ ਨੇ ਹੀ ਅਸਲੀ ਕਾਮਯਾਬੀ ਪ੍ਰਾਪਤ ਕਰ ਲਈ ਹੈ।

إِنَّا عَرَضْنَا الْأَمَانَةَ عَلَى السَّمَاوَاتِ وَالْأَرْضِ وَالْجِبَالِ فَأَبَيْنَ أَن يَحْمِلْنَهَا وَأَشْفَقْنَ مِنْهَا وَحَمَلَهَا الْإِنسَانُ ۖ إِنَّهُ كَانَ ظَلُومًا جَهُولًا ﴿٧٢﴾

72. ਅਸੀਂ ਇਸ ਅਮਾਨਤ (ਕੁਰਆਨੀ ਆਦੇਸ਼) ਨੂੰ ਚੁੱਕਣ ਲਈ ਅਕਾਸ਼ਾਂ ਤੇ ਧਰਤੀ ਨੂੰ ਕਿਹਾ ਪਰ ਉਹ ਇਸ ਨੂੰ ਚੁੱਕਣ ਲਈ ਤਿਆਰ ਨਾ ਹੋਏ ਸਗੋਂ ਡਰ ਗਏ ਪਰ ਮਨੁੱਖ ਨੇ ਚੁੱਕ ਲਿਆ। ਬੇਸ਼ੱਕ ਉਹ ਬਹੁਤ ਹੀ ਜ਼ਾਲਮ ਤੇ ਬੇ-ਸਮਝ ਹੈ।

لِّيُعَذِّبَ اللَّهُ الْمُنَافِقِينَ وَالْمُنَافِقَاتِ وَالْمُشْرِكِينَ وَالْمُشْرِكَاتِ وَيَتُوبَ اللَّهُ عَلَى الْمُؤْمِنِينَ وَالْمُؤْمِنَاتِ ۗ وَكَانَ اللَّهُ غَفُورًا رَّحِيمًا ﴿٧٣﴾

73 ਅਸੀਂ ਇਹ ਅਮਾਨਤਾਂ[1] (ਮਨੁੱਖਾਂ ਤੋਂ ਇਸ ਲਈ ਚੁਕਵਾਈ) ਕਿ ਅੱਲਾਹ ਮੁਨਾਫ਼ਿਕ ਮਰਦਾਂ ਤੇ ਔਰਤਾਂ ਨੂੰ ਅਤੇ ਮੁਸ਼ਰਿਕ ਮਰਦਾਂ ਤੇ ਔਰਤਾਂ ਨੂੰ ਸਜ਼ਾ ਦੇਵੇ ਅਤੇ ਮੋਮਿਨ ਮਰਦਾਂ ਤੇ ਮੋਮਿਨ ਔਰਤਾਂ ਉੱਤੇ ਰਹਿਮ ਕਰੇ। ਅੱਲਾਹ ਅਤਿਅੰਤ ਬਖ਼ਸ਼ਣਹਾਰ ਤੇ ਮਿਹਰਾਂ ਕਰਨ ਵਾਲਾ ਹੈ।

سُورَةُ سَبَإٍ

34. ਸੂਰਤ ਸਬਾ (ਮੱਕੀ-58)

(ਆਇਤਾਂ 54, ਰੁਕੂਅ 6)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

الْحَمْدُ لِلَّهِ الَّذِي لَهُ مَا فِي السَّمَاوَاتِ وَمَا فِي الْأَرْضِ وَلَهُ الْحَمْدُ فِي الْآخِرَةِ ۚ وَهُوَ الْحَكِيمُ الْخَبِيرُ ﴿١﴾

1 ਸਾਰੀਆਂ ਹੀ ਤਾਰੀਫ਼ਾਂ (ਤੇ ਸ਼ੁਕਰਾਨੇ) ਉਸ ਅੱਲਾਹ ਲਈ ਜਿਸ ਦਾ ਉਹ ਸਭ ਕੁੱਝ ਹੈ ਜਿਹੜਾ ਅਕਾਸ਼ਾਂ ਤੇ ਧਰਤੀ ਵਿਚ ਹੈ। ਪਰਲੋਕ ਵਿਚ ਵੀ ਉਸੇ ਦੀ ਹੀ ਤਾਰੀਫ਼ ਹੋਵੇਗੀ। ਉਹ ਹਿਕਮਤਾਂ (ਸੂਝ ਬੂਝ) ਨਾਲ ਹਰ ਗੱਲ ਦੀ ਖ਼ਬਰ ਰੱਖਦਾ ਹੈ।

---

[1] ਇੱਥੇ ਅਮਾਨਤ ਤੋਂ ਭਾਵ ਉਹ ਅਧਿਕਾਰ ਤੇ ਛੂਟ ਹੈ ਜਿਸ ਨੂੰ ਅੱਲਾਹ ਨੇ ਮਨੁੱਖ ਨੂੰ ਉਸ ਦੀ ਬੰਦਗੀ ਕਰਨ ਦੇ ਸੰਬੰਧ ਵਿਚ ਦਿੱਤੇ ਸੀ। ਕਿਉਂ ਜੋ ਮਨੁੱਖ ਦੇ ਸੁਭਾਓ ਵਿਚ ਤੇਜ਼ੀ ਹੈ ਸੋ ਉਸ ਨੇ ਬਿਨਾਂ ਸੋਚੇ ਸਮਝੇ ਇਸ ਜ਼ਿੰਮੇਵਾਰੀ ਨੂੰ ਚੁੱਕਣ ਲਈ ਹਾਮੀ ਭਰ ਲਈ ਜਦ ਕਿ ਧਰਤੀ, ਅਕਾਸ਼ ਅਤੇ ਪਹਾੜ ਵਰਗੇ ਸ਼ਕਤੀਸ਼ਾਲੀ ਚੀਜ਼ਾਂ ਨੇ ਰੱਬ ਦੀ ਇਸ ਪੇਸ਼ਕਸ਼ ਨੂੰ ਕਬੂਲ ਕਰਨ ਤੋਂ ਇਨਕਾਰ ਕਰ ਦਿੱਤਾ।

2. ਜੋ ਕੁੱਝ ਵੀ ਧਰਤੀ ਵਿਚ ਜਾਂਦਾ ਹੈ ਅਤੇ ਜੋ ਉਸ ਵਿੱਚੋਂ ਨਿਕਲਦਾ ਹੈ, ਜੋ ਵੀ ਅਕਾਸ਼ ਤੋਂ ਉਤਰਦਾ ਹੈ ਅਤੇ ਜੋ ਉਸ ਵਿਚ ਚੜ੍ਹਦਾ ਹੈ, ਉਹ (ਅੱਲਾਹ) ਸਭ ਜਾਣਦਾ ਹੈ। ਉਹ ਵੱਡਾ ਮਿਹਰਬਾਨ ਤੇ ਬਖ਼ਸ਼ਣਹਾਰ ਹੈ।

يَعْلَمُ مَا يَلِجُ فِي الْأَرْضِ وَمَا يَخْرُجُ مِنْهَا وَمَا
يَنْزِلُ مِنَ السَّمَاءِ وَمَا يَعْرُجُ فِيهَا ۚ
وَهُوَ الرَّحِيمُ الْغَفُورُ ﴿٢﴾

3 ਕਾਫ਼ਿਰ ਕਹਿੰਦੇ ਹਨ ਕਿ ਸਾਡੇ 'ਤੇ ਕਿਆਮਤ ਨਹੀਂ ਆਵੇਗੀ। (ਹੇ ਨਬੀ!) ਤੁਸੀਂ ਆਖ ਦਿਓ ਕਿ ਮੈਨੂੰ ਗ਼ੈਬ (ਪਰੋਖ) ਦੇ ਜਾਣਨਹਾਰ ਮੇਰੇ ਰੱਬ ਦੀ ਸੌਂਹ, ਉਹ (ਕਿਆਮਤ) ਤੁਹਾਡੇ 'ਤੇ ਜ਼ਰੂਰ ਹੀ ਆ ਕੇ ਰਹੇਗੀ। ਅਕਾਸ਼ਾਂ ਤੇ ਧਰਤੀ ਵਿਚ ਰਤਾ ਬਰਾਬਰ ਵੀ ਕੋਈ ਚੀਜ਼ ਉਸ ਤੋਂ ਲੁਕੀ ਹੋਈ ਨਹੀਂ ਰਹਿ ਸਕਦੀ। ਨਾ ਕਿਣਕੇ ਤੋਂ ਵੱਡੀ ਤੇ ਨਾ ਉਸ ਤੋਂ ਨਿੱਕੀ, ਕੋਈ ਚੀਜ਼ ਅਜਿਹੀ ਨਹੀਂ ਜਿਹੜੀ ਖੁੱਲ੍ਹੀ ਕਿਤਾਬ (ਲੌਹੇ-ਮਹਫ਼ੂਜ਼) ਵਿਚ ਦਰਜ ਨਾ ਹੋਵੇ।

وَقَالَ الَّذِينَ كَفَرُوا لَا تَأْتِينَا السَّاعَةُ ۖ قُلْ
بَلَىٰ وَرَبِّي لَتَأْتِيَنَّكُمْ عَالِمِ الْغَيْبِ ۖ لَا يَعْزُبُ عَنْهُ
مِثْقَالُ ذَرَّةٍ فِي السَّمَاوَاتِ وَلَا فِي الْأَرْضِ وَلَا أَصْغَرُ
مِنْ ذَٰلِكَ وَلَا أَكْبَرُ إِلَّا فِي كِتَابٍ مُبِينٍ ﴿٣﴾

4 (ਕਿਆਮਤ ਇਸ ਲਈ ਹੋਵੇਗੀ) ਤਾਂ ਜੋ ਉਹ (ਅੱਲਾਹ) ਉਹਨਾਂ ਲੋਕਾਂ ਨੂੰ ਵਧੀਆ ਬਦਲਾ ਦੇਵੇ ਜਿਹੜੇ ਈਮਾਨ ਲਿਆਏ ਅਤੇ ਉਹਨਾਂ ਨੇ ਨੇਕ ਕੰਮ ਵੀ ਕੀਤੇ। ਇਹੋ ਉਹ (ਕਾਮਯਾਬ) ਲੋਕ ਹਨ ਜਿਨ੍ਹਾਂ ਲਈ ਬਖ਼ਸ਼ਿਸ਼ ਅਤੇ ਆਦਰ ਮਾਨ ਵਾਲੀ ਰੋਜ਼ੀ ਹੈ।

لِيَجْزِيَ الَّذِينَ آمَنُوا وَعَمِلُوا الصَّالِحَاتِ ۚ أُولَٰئِكَ
لَهُمْ مَغْفِرَةٌ وَرِزْقٌ كَرِيمٌ ﴿٤﴾

5 ਪਰ ਜਿਨ੍ਹਾਂ ਲੋਕਾਂ ਨੇ ਸਾਡੀਆਂ ਆਇਤਾਂ (ਹੁਕਮਾਂ) ਦੀ ਹੇਠੀ ਕਰਨ ਦੀ ਕੋਸ਼ਿਸ਼ ਕੀਤੀ, ਉਹਨਾਂ ਲੋਕਾਂ ਲਈ ਬਹੁਤ ਹੀ ਭੈੜਾ ਦੁਖਦਾਈ ਅਜ਼ਾਬ ਹੈ।

وَالَّذِينَ سَعَوْا فِي آيَاتِنَا مُعَاجِزِينَ أُولَٰئِكَ لَهُمْ عَذَابٌ
مِنْ رِجْزٍ أَلِيمٌ ﴿٥﴾

6. ਜਿਨ੍ਹਾਂ ਲੋਕਾਂ ਨੂੰ (ਰੱਬੀ) ਗਿਆਨ ਬਖ਼ਸ਼ਿਆ ਗਿਆ, ਉਹ ਜਾਣਦੇ ਹਨ ਕਿ ਜੋ ਵੀ ਆਪ ਜੀ (ਸ:) ਵੱਲ ਆਪ ਦੇ ਰੱਬ ਵੱਲੋਂ (ਕੁਰਆਨ) ਨਾਜ਼ਿਲ ਹੋਇਆ ਹੈ, ਉਹੀਓ ਹੱਕ ਹੈ ਅਤੇ ਅੱਲਾਹ ਗੁਣਵਾਦੀ ਲੋਕਾਂ ਦੀ ਅਗਵਾਈ ਕਰਦਾ ਹੈ।

وَيَرَى الَّذِينَ أُوتُوا الْعِلْمَ الَّذِي أُنْزِلَ إِلَيْكَ
مِنْ رَبِّكَ هُوَ الْحَقَّ وَيَهْدِي إِلَىٰ صِرَاطِ
الْعَزِيزِ الْحَمِيدِ ﴿٦﴾

7. ਅਤੇ ਕਾਫ਼ਿਰਾਂ ਨੇ (ਇਕ ਦੂਜੇ ਨੂੰ) ਕਿਹਾ, ਕੀ ਅਸੀਂ ਤੁਹਾਨੂੰ ਇਕ ਅਜਿਹੇ ਵਿਅਕਤੀ ਬਾਰੇ ਦੱਸੀਏ ਜਿਹੜਾ ਤੁਹਾਨੂੰ ਇਹ ਸੂਚਨਾ ਦੇ ਰਿਹਾ ਹੈ ਕਿ ਜਦੋਂ ਤੁਸੀਂ ਕਿਣਕਾ-ਕਿਣਕਾ ਕਰ ਦਿੱਤੇ ਜਾਓਗੇ, ਫੇਰ ਤੁਸੀਂ ਨਵੇਂ ਸਿਰਿਓਂ ਪੈਦਾ ਕੀਤੇ ਜਾਓਗੇ?

وَقَالَ الَّذِينَ كَفَرُوا هَلْ نَدُلُّكُمْ عَلَىٰ رَجُلٍ يُنَبِّئُكُمْ إِذَا مُزِّقْتُمْ كُلَّ مُمَزَّقٍ إِنَّكُمْ لَفِي خَلْقٍ جَدِيدٍ ﴿٧﴾

8. ਕੀ ਉਸ (ਮੁਹੰਮਦ) ਨੇ ਅੱਲਾਹ 'ਤੇ ਝੂਠ ਲਾਇਆ ਹੈ? ਜਾਂ ਉਹ (ਮੁਹੰਮਦ ਸ:) ਸੁਦਾਈ ਹੋ ਗਿਆ ਹੈ? (ਉੱਕਾ ਨਹੀਂ।) ਸਗੋਂ ਜਿਹੜੇ ਲੋਕ ਆਖ਼ਿਰਤ (ਪਰਲੋਕ) ਉੱਤੇ ਈਮਾਨ ਨਹੀਂ ਰੱਖਦੇ ਉਹ ਅਜ਼ਾਬ ਅਤੇ ਗੁਮਰਾਹੀ ਵਿਚ ਦੂਰ ਤੱਕ ਚਲੇ ਗਏ ਹਨ।

أَفْتَرَىٰ عَلَى اللَّهِ كَذِبًا أَم بِهِ جِنَّةٌ ۗ بَلِ الَّذِينَ لَا يُؤْمِنُونَ بِالْآخِرَةِ فِي الْعَذَابِ وَالضَّلَالِ الْبَعِيدِ ﴿٨﴾

9 ਕੀ ਉਹਨਾਂ ਨੇ ਆਪਣੇ ਅੱਗਿਓਂ ਤੇ ਪਿੱਛਿਓਂ ਅਕਾਸ਼ ਤੇ ਧਰਤੀ ਨੂੰ ਨਹੀਂ ਵੇਖਿਆ? ਜੇ ਅਸੀਂ ਚਾਹੀਏ ਤਾਂ ਉਹਨਾਂ ਨੂੰ ਧਰਤੀ ਵਿਚ ਧੁਸਾ ਦਈਏ ਜਾਂ ਉਹਨਾਂ 'ਤੇ ਅਕਾਸ਼ ਦੇ ਕੁੱਝ ਟੋਟੇ ਡੇਗ ਦਈਏ। ਬੇਸ਼ੱਕ ਇਸ ਵਿਚ ਹਰ ਉਸ ਵਿਅਕਤੀ ਲਈ ਇਕ ਨਿਸ਼ਾਨੀ ਹੈ ਜਿਹੜਾ ਰੱਬ ਵੱਲ ਝੁਕਣ ਵਾਲਾ ਹੈ।

أَفَلَمْ يَرَوْا إِلَىٰ مَا بَيْنَ أَيْدِيهِمْ وَمَا خَلْفَهُم مِّنَ السَّمَاءِ وَالْأَرْضِ ۚ إِن نَّشَأْ نَخْسِفْ بِهِمُ الْأَرْضَ أَوْ نُسْقِطْ عَلَيْهِمْ كِسَفًا مِّنَ السَّمَاءِ ۚ إِنَّ فِي ذَٰلِكَ لَآيَةً لِّكُلِّ عَبْدٍ مُّنِيبٍ ﴿٩﴾

10. ਬੇਸ਼ੱਕ ਅਸੀਂ ਹੀ ਦਾਊਦ ਨੂੰ ਆਪਣੇ ਵੱਲੋਂ ਵਡਿਆਈ ਬਖ਼ਸ਼ੀ ਸੀ। (ਅਸਾਂ ਹੁਕਮ ਦਿੱਤਾ ਕਿ) ਹੇ ਪਹਾੜੋ! ਉਸ (ਦਾਊਦ) ਦੇ ਸੰਗ (ਮੇਰੀ) ਤਸਬੀਹ ਕਰਿਆ ਕਰੋ ਅਤੇ ਇਹੋ ਹੁਕਮ ਪੰਛੀਆਂ ਨੂੰ ਵੀ ਸੀ ਅਤੇ ਅਸੀਂ ਉਸ ਲਈ ਲੋਹੇ ਨੂੰ ਨਰਮ ਕਰ ਦਿੱਤਾ।

وَلَقَدْ آتَيْنَا دَاوُودَ مِنَّا فَضْلًا ۖ يَا جِبَالُ أَوِّبِي مَعَهُ وَالطَّيْرَ ۖ وَأَلَنَّا لَهُ الْحَدِيدَ ﴿١٠﴾

11. (ਹਿਦਾਇਤ ਦਿੱਤੀ) ਕਿ ਇਸ ਲੋਹੇ ਤੋਂ ਖੁੱਲ੍ਹੇ ਡੁੱਲ੍ਹੇ ਜ਼ੋਰਾ-ਬਕਤਰ (ਸੰਜੋਆਂ ਤੇ ਹਥਿਆਰ) ਬਣਾਓ ਤੇ ਇਸ ਦੇ ਜੋੜਾਂ ਵਿਚ ਠੀਕ ਅੰਦਰ ਰੱਖੋ। ਤੁਸੀਂ ਸਾਰੇ ਨੇਕ ਕੰਮਾਂ ਲਈ ਹੀ (ਇਸ ਦੀ ਵਰਤੋਂ) ਕਰਿਆ ਕਰੋ। ਮੈਂ ਤੁਹਾਡੇ ਸਾਰੇ ਹੀ ਕੰਮਾਂ ਨੂੰ ਵੇਖ ਰਿਹਾ ਹੈ।

أَنِ اعْمَلْ سَابِغَاتٍ وَقَدِّرْ فِي السَّرْدِ ۖ وَاعْمَلُوا صَالِحًا ۖ إِنِّي بِمَا تَعْمَلُونَ بَصِيرٌ ﴿١١﴾

12. ਅਸੀਂ ਸੁਲੇਮਾਨ ਦੇ ਅਧੀਨ ਹਵਾ ਨੂੰ ਕਰ ਦਿੱਤਾ। ਸਵੇਰੇ ਵੇਲੇ ਉਸ ਦਾ ਚੱਲਣਾ ਇਕ ਮਹੀਨੇ ਦੀ ਰਾਹ ਤਕ ਅਤੇ ਸੰਝ ਵੇਲੇ ਉਸ ਦਾ ਚੱਲਣਾ ਇਕ ਮਹੀਨੇ ਦੀ ਰਾਹ ਤਕ ਸੀ। ਅਸੀਂ ਉਸ (ਸੁਲੇਮਾਨ) ਲਈ ਪਿਘਲੇ ਹੋਏ ਤਾਂਬੇ ਦਾ ਚਸ਼ਮਾ ਵਗ੍ਹਾ ਦਿੱਤਾ ਅਤੇ ਉਸ ਦੇ ਅਧੀਨ ਕੁੱਝ ਅਜਿਹੇ ਜਿੰਨ ਕਰ ਛੱਡੇ ਸੀ ਜਿਹੜੇ ਉਸ ਦੇ ਅੱਗੇ ਉਸ ਦੇ ਰੱਬ ਦੇ ਹੁਕਮ ਨਾਲ ਕੰਮ ਕਰਦੇ ਸਨ ਅਤੇ ਉਹਨਾਂ (ਜਿੰਨਾਂ) ਵਿੱਚੋਂ ਜਿਸ ਨੇ ਵੀ ਸਾਡੇ ਹੁਕਮ ਦੀ ਉਲੰਘਣਾ ਕੀਤੀ ਅਸੀਂ ਉਸ ਨੂੰ ਦਹਿਕਦੀ ਹੋਈ ਅੱਗ ਦਾ ਸੁਆਦ ਚਖਾਊਂਦੇ ਹਾਂ।

وَلِسُلَيْمٰنَ الرِّيْحَ غُدُوُّهَا شَهْرٌ وَّرَوَاحُهَا شَهْرٌ ۚ
وَاَسَلْنَا لَهٗ عَيْنَ الْقِطْرِ ؕ وَمِنَ الْجِنِّ مَنْ يَّعْمَلُ
بَيْنَ يَدَيْهِ بِاِذْنِ رَبِّهٖ ؕ وَمَنْ يَّزِغْ مِنْهُمْ عَنْ
اَمْرِنَا نُذِقْهُ مِنْ عَذَابِ السَّعِيْرِ ﴿۱۲﴾

13. ਸੁਲੇਮਾਨ ਜੋ ਚਾਹੁੰਦਾ ਸੀ ਉਸ ਲਈ ਜਿੰਨ ਉਹੀਓ ਬਣਾ ਦਿੰਦੇ, ਜਿਵੇਂ ਸ਼ਾਨਦਾਰ ਭਵਨ, ਤਸਵੀਰਾਂ, ਵੱਡੇ-ਵੱਡੇ ਹੌਜ਼ਾਂ ਵਰਗੇ ਪਰਾਤ ਅਤੇ ਆਪਣੀ ਥਾਂ ਤੋਂ ਨਾ ਹਿੱਲਣ ਵਾਲੀਆਂ ਚੁੱਲ੍ਹਿਆਂ ਉੱਤੇ ਪਈਆਂ ਦੇਗਾਂ। ਹੇ ਦਾਊਦ ਦੀ ਸੰਤਾਨ! (ਇਹਨਾਂ ਅਹਿਸਾਨਾਂ ਲਈ) ਧੰਨਵਾਦ ਵਜੋਂ ਨੇਕ ਕੰਮ ਕਰੋ। ਮੇਰੇ ਬੰਦਿਆਂ ਵਿਚ ਧੰਨਵਾਦ ਕਰਨ ਵਾਲੇ ਬਹੁਤ ਹੀ ਥੋੜ੍ਹੇ ਹਨ।

يَعْمَلُوْنَ لَهٗ مَا يَشَآءُ مِنْ مَّحَارِيْبَ وَتَمَاثِيْلَ وَجِفَانٍ
كَالْجَوَابِ وَقُدُوْرٍ رّٰسِيٰتٍ ؕ اِعْمَلُوْۤا اٰلَ دَاوٗدَ شُكْرًا ؕ
وَقَلِيْلٌ مِّنْ عِبَادِيَ الشَّكُوْرُ ﴿۱۳﴾

14. ਫੇਰ ਜਦੋਂ ਅਸੀਂ ਉਹਨਾਂ (ਸੁਲੇਮਾਨ) ਲਈ ਮੌਤ ਦਾ ਹੁਕਮ ਲਾਗੂ ਕਰ ਦਿੱਤਾ ਤਾਂ ਇਸ ਦੀ ਸੂਚਨਾ ਜਿੰਨਾਂ ਨੂੰ ਦੇਣ ਵਾਲਾ ਕੇਵਲ ਉਹ ਸਿਊਂਕ ਵਾਲਾ ਕੀੜਾ ਸੀ, ਜਿਹੜਾ ਉਹਨਾਂ (ਸੁਲੇਮਾਨ) ਦੀ ਲਾਠੀ ਨੂੰ ਖਾ ਰਿਹਾ ਸੀ। ਜਦੋਂ ਉਹ (ਸੁਲੇਮਾਨ) ਡਿਗ ਪਏ, ਉਸ ਵੇਲੇ ਜਿੰਨਾਂ ਨੇ ਜਾਣਿਆ ਕਿ ਜੇਕਰ ਉਹ (ਜਿੰਨ) ਪਰੋਖ ਦੇ ਜਾਣਕਾਰ ਹੁੰਦੇ ਤਾਂ ਉਹ ਹੀਣਤਾ ਭਰੇ ਕਸ਼ਟ ਵਿਚ ਫਸੇ ਨਾ ਰਹਿੰਦੇ।

فَلَمَّا قَضَيْنَا عَلَيْهِ الْمَوْتَ مَا دَلَّهُمْ عَلٰى مَوْتِهٖۤ اِلَّا
دَآبَّةُ الْاَرْضِ تَاْكُلُ مِنْسَاَتَهٗ ۚ فَلَمَّا خَرَّ تَبَيَّنَتِ
الْجِنُّ اَنْ لَّوْ كَانُوْا يَعْلَمُوْنَ الْغَيْبَ مَا لَبِثُوْا فِى
الْعَذَابِ الْمُهِيْنِ ﴿۱۴﴾

لَقَدْ كَانَ لِسَبَإٍ فِي مَسْكَنِهِمْ آيَةٌ ۖ جَنَّتَانِ
عَنْ يَمِينٍ وَشِمَالٍ ۖ كُلُوا مِنْ رِزْقِ رَبِّكُمْ
وَاشْكُرُوا لَهُ ۚ بَلْدَةٌ طَيِّبَةٌ وَرَبٌّ غَفُورٌ (15)

15. ਸਬਾ (ਕੌਮ) ਲਈ ਉਸ ਦੀ ਆਪਣੀ ਬਸਤੀ ਵਿਚ ਇਕ ਵੱਡੀ (ਰੱਬ ਦੀ) ਨਿਸ਼ਾਨੀ ਮੌਜੂਦ ਸੀ। ਇਸ (ਬਸਤੀ) ਦੇ ਸੱਜੇ ਤੇ ਖੱਬੇ ਪਾਸੇ ਦੋ ਬਾਗ਼ ਸਨ। ਅਸੀਂ ਉਹਨਾਂ (ਬਸਤੀ ਵਾਲਿਆਂ) ਨੂੰ ਹੁਕਮ ਦਿੱਤਾ ਕਿ ਤੁਸੀਂ ਆਪਣੇ ਰੱਬ ਦੀ ਬਖ਼ਸ਼ੀ ਹੋਈ ਰੋਜ਼ੀ ਖਾਓ ਅਤੇ ਉਸ ਦਾ ਧੰਨਵਾਦ ਕਰੋ। ਇਹ ਪਵਿੱਤਰ ਬਸਤੀ ਹੈ ਅਤੇ ਤੁਹਾਡਾ ਰੱਬ ਵੱਡਾ ਬਖ਼ਸ਼ਣਹਾਰ ਹੈ।

فَأَعْرَضُوا فَأَرْسَلْنَا عَلَيْهِمْ سَيْلَ الْعَرِمِ وَبَدَّلْنَاهُمْ
بِجَنَّتَيْهِمْ جَنَّتَيْنِ ذَوَاتَيْ أُكُلٍ خَمْطٍ وَأَثْلٍ وَشَيْءٍ
مِنْ سِدْرٍ قَلِيلٍ (16)

16. ਪਰ ਜਦੋਂ ਉਹਨਾਂ (ਬਸਤੀਆਂ ਵਾਲਿਆਂ) ਨੇ (ਸ਼ੁਕਰ ਅਦਾ ਕਰਨ ਤੋਂ) ਮੂੰਹ ਮੋੜ ਲਿਆ ਤਾਂ ਅਸੀਂ ਉਹਨਾਂ 'ਤੇ ਬੰਨ੍ਹ-ਤੋੜ ਹੜ੍ਹ ਭੇਜ ਦਿੱਤਾ ਅਤੇ ਉਹਨਾਂ ਦੇ (ਹਰੇ ਭਰੇ) ਬਾਗ਼ਾਂ ਦੇ ਦਿੱਤੇ ਬਦਲੇ ਅਸੀਂ ਉਹਨਾਂ ਨੂੰ ਦੋ ਅਜਿਹੇ ਬਾਗ਼ ਦੇ ਦਿੱਤੇ ਜਿਨ੍ਹਾਂ ਦੇ ਫਲ ਬੇ-ਸੁਆਦੇ ਕੌੜੇ-ਕੁਸੈਲੇ, ਝਾਊ ਵਾਲੇ ਤੇ ਕੁੱਝ ਬੇਰੀਆਂ ਵਾਲੇ ਰੁੱਖ ਸਨ।

ذَٰلِكَ جَزَيْنَاهُمْ بِمَا كَفَرُوا ۖ وَهَلْ نُجَازِي إِلَّا الْكَفُورَ (17)

17. ਇਹ ਸਜ਼ਾ ਅਸੀਂ ਉਹਨਾਂ ਨੂੰ ਉਹਨਾਂ ਦੀ ਨਾ ਸ਼ੁਕਰੀ ਦੀ ਦਿੱਤਾ ਸੀ। ਅਸੀਂ ਨਾ ਸ਼ੁਕਰਿਆਂ ਨੂੰ ਹੀ ਸਜ਼ਾ ਦਿੰਦੇ ਹਾਂ।

وَجَعَلْنَا بَيْنَهُمْ وَبَيْنَ الْقُرَى الَّتِي بَارَكْنَا فِيهَا
قُرًى ظَاهِرَةً وَقَدَّرْنَا فِيهَا السَّيْرَ ۖ سِيرُوا
فِيهَا لَيَالِيَ وَأَيَّامًا آمِنِينَ (18)

18. ਅਸੀਂ ਉਹਨਾਂ (ਸਬਾ ਵਾਲਿਆਂ) ਦੇ ਅਤੇ ਉਹਨਾਂ (ਸੁਲੇਮਾਨ ਦੀ ਬਸਤੀ) ਦੇ ਵਿਚਕਾਰ ਜਿਨ੍ਹਾਂ ਬਸਤੀਆਂ ਵਿਚ ਅਸੀਂ ਬਰਕਤਾਂ ਵੀ ਰੱਖੀਆਂ ਸਨ, ਕੁੱਝ ਬਸਤੀਆਂ ਨਾਲੋ-ਨਾਲ ਰਸਤੇ ਵਿਚ ਆਬਾਦ ਕਰ ਰੱਖੀਆਂ ਸਨ ਅਤੇ ਉਹਨਾਂ ਬਸਤੀਆਂ ਵਿਚ ਚੱਲਣ ਵਾਲਿਆਂ ਲਈ ਅਸੀਂ ਮੰਜ਼ਿਲਾਂ (ਪੜਾਅ) ਨਿਯਤ ਕਰ ਦਿੱਤੀਆਂ ਸਨ। (ਅਸੀਂ ਕਿਹਾ) ਤੁਸੀਂ ਇਹਨਾਂ ਵਿਚ ਦਿਨ-ਰਾਤ ਨਿਸ਼ਚਿੰਤ ਹੋਕੇ ਸਫ਼ਰ ਕਰੋ।

فَقَالُوا رَبَّنَا بَاعِدْ بَيْنَ أَسْفَارِنَا وَظَلَمُوا أَنْفُسَهُمْ
فَجَعَلْنَاهُمْ أَحَادِيثَ وَمَزَّقْنَاهُمْ كُلَّ مُمَزَّقٍ ۚ إِنَّ فِي
ذَٰلِكَ لَآيَاتٍ لِكُلِّ صَبَّارٍ شَكُورٍ (19)

19. ਪਰ ਉਹਨਾਂ (ਸਬਾ ਦੀ ਬਸਤੀ ਵਾਲਿਆਂ) ਨੇ ਬੇਨਤੀ ਕੀਤੀ ਕਿ ਹੇ ਸਾਡੇ ਰੱਬਾ। ਸਾਡੀ ਯਾਤਰਾ ਵਿਚ ਦੂਰੀਆਂ (ਭਾਵ ਦੇਸ਼ ਦੀਆਂ ਸਰਹਦਾਂ) ਵਧਾ ਦੇ। (ਇਹ ਕਹਿ ਕੇ) ਉਹਨਾਂ ਨੇ ਆਪਣੇ ਆਪ 'ਤੇ

ਹੀ ਜ਼ੁਲਮ ਕੀਤਾ ਸੀ, ਸੋ ਅਸੀਂ ਉਹਨਾਂ ਨੂੰ ਕਿੱਸੇ-ਕਹਾਣੀਆਂ ਬਣਾ ਛੱਡਿਆ ਅਤੇ ਉਹਨਾਂ ਨੂੰ (ਪੁਰਾਣੇ ਕਿੱਸਿਆਂ ਵਾਂਗ) ਤਿੱਤਰ-ਬਿੱਤਰ ਕਰ ਦਿੱਤਾ (ਨਾਸ਼ ਅਜ਼ਾਬ ਦੇ ਛੱਡਿਆ)। ਬੇਸ਼ੱਕ ਹਰੇਕ ਸਬਰ ਤੇ ਸ਼ੁਕਰ ਕਰਨ ਵਾਲੇ ਵਿਅਕਤੀ ਲਈ ਇਸ (ਕਿੱਸੇ) ਵਿਚ ਮਹੱਤਵਪੂਰਨ ਸਿੱਖਿਆਵਾਂ ਹਨ।

وَلَقَدْ صَدَّقَ عَلَيْهِمْ إِبْلِيسُ ظَنَّهُ فَاتَّبَعُوهُ إِلَّا فَرِيقًا مِّنَ الْمُؤْمِنِينَ ﴿٢٠﴾

20. ਅਤੇ ਇਬਲੀਸ (ਸ਼ੈਤਾਨ) ਨੇ ਉਹਨਾਂ ਦੇ ਮਾਮਲੇ ਵਿਚ ਆਪਣੀ ਸੋਚ ਨੂੰ ਸੱਚ ਸਿੱਧ ਕਰ ਵਿਖਾਇਆ, ਮੋਮਿਨਾਂ ਦੇ ਇਕ ਧੜੇ ਤੋਂ ਛੁੱਟ, ਸਾਰੇ ਦੇ ਸਾਰੇ ਲੋਕ ਉਸ ਦੇ ਅਧੀਨ ਹੋ ਗਏ।

وَمَا كَانَ لَهُ عَلَيْهِم مِّن سُلْطَانٍ إِلَّا لِنَعْلَمَ مَن يُؤْمِنُ بِالْآخِرَةِ مِمَّنْ هُوَ مِنْهَا فِي شَكٍّ ۗ وَرَبُّكَ عَلَىٰ كُلِّ شَيْءٍ حَفِيظٌ ﴿٢١﴾

21. ਇਸ (ਸ਼ੈਤਾਨ) ਦਾ ਉਹਨਾਂ (ਮੋਮਿਨਾਂ) 'ਤੇ ਕੋਈ ਜ਼ੋਰ ਨਹੀਂ ਸੀ, ਪਰ (ਇਹ ਸਭ) ਇਸ ਲਈ ਕੀਤਾ ਸੀ ਕਿ ਅਸੀਂ ਇਹ ਜਾਣ ਲਈਏ ਕਿ ਕੌਣ ਪਰਲੋਕ 'ਤੇ ਈਮਾਨ ਰੱਖਦਾ ਹੈ ਅਤੇ ਉਹਨਾਂ ਲੋਕਾਂ ਵਿੱਚੋਂ ਕੌਣ ਇਸ ਵਿਚ ਸ਼ੱਕ ਕਰਦਾ ਹੈ। ਤੁਹਾਡਾ ਰੱਬ ਹਰੇਕ ਚੀਜ਼ ਦੀ ਦੇਖਭਾਲ ਕਰਦਾ ਹੈ।

قُلِ ادْعُوا الَّذِينَ زَعَمْتُم مِّن دُونِ اللَّهِ ۖ لَا يَمْلِكُونَ مِثْقَالَ ذَرَّةٍ فِي السَّمَاوَاتِ وَلَا فِي الْأَرْضِ وَمَا لَهُمْ فِيهِمَا مِن شِرْكٍ وَمَا لَهُ مِنْهُم مِّن ظَهِيرٍ ﴿٢٢﴾

22 (ਹੇ ਨਬੀ!) ਆਖ ਦਿਓ ਕਿ ਉਹਨਾਂ ਨੂੰ ਸੱਦੋ ਜਿਨ੍ਹਾਂ ਨੂੰ ਤੁਸੀਂ ਅੱਲਾਹ ਤੋਂ ਛੁੱਟ ਆਪਣਾ ਇਸ਼ਟ ਸਮਝਦੇ ਹੋ। ਉਹ ਅਕਾਸ਼ਾਂ ਤੇ ਧਰਤੀ ਵਿਚ ਰਤਾ ਬਰਾਬਰ ਵੀ ਅਧਿਕਾਰ ਨਹੀਂ ਰੱਖਦੇ ਅਤੇ ਨਾ ਹੀ ਮਾਲਕੀ ਵਿਚ ਕੋਈ ਹਿੱਸੇਦਾਰੀ ਹੈ ਅਤੇ ਨਾ ਹੀ ਇਹਨਾਂ ਵਿੱਚੋਂ ਕੋਈ (ਸ੍ਰਿਸ਼ਟੀ ਦੇ ਬਣਾਉਣ ਵਿਚ) ਅੱਲਾਹ ਦਾ ਸਹਾਈ ਹੈ।

وَلَا تَنفَعُ الشَّفَاعَةُ عِندَهُ إِلَّا لِمَنْ أَذِنَ لَهُ ۚ حَتَّىٰ إِذَا فُزِّعَ عَن قُلُوبِهِمْ قَالُوا مَاذَا قَالَ رَبُّكُمْ ۖ قَالُوا الْحَقَّ ۖ وَهُوَ الْعَلِيُّ الْكَبِيرُ ﴿٢٣﴾

23. ਉਸ ਦੇ ਹਜ਼ੂਰ ਕੇਵਲ ਉਸ ਵਿਅਕਤੀ ਦੀ ਹੀ ਸਿਫ਼ਾਰਸ਼ ਲਾਹੇਵੰਦ ਹੋ ਸਕਦੀ ਹੈ ਜਿਸ ਨੂੰ ਅੱਲਾਹ ਆਗਿਆ ਦੇਵੇਗਾ। ਜਦੋਂ ਉਹਨਾਂ ਦੇ ਦਿਲਾਂ ਦੀ ਘਬਰਾਹਟ ਦੂਰ ਕਰ ਦਿੱਤੀ ਜਾਂਦੀ ਹੈ ਤਾਂ ਫੇਰ

ਪੁੱਛਦੇ ਹਨ ਕਿ ਤੁਹਾਡੇ ਰੱਬ ਨੇ ਕੀ ਕਿਹਾ ਹੈ? ਉਹ ਉੱਤਰ ਵਿਚ ਆਖਦੇ ਹਨ ਕਿ ਹੱਕ (ਸੱਚ) ਕਿਹਾ ਹੈ। ਉਹ (ਅੱਲਾਹ) ਅਤਿਅੰਤ ਮਹਾਨ ਤੇ ਸਰਵਉੱਚ ਹੈ।

قُلْ مَنْ يَرْزُقُكُمْ مِنَ السَّمَاوَاتِ وَالْأَرْضِ ۖ قُلِ اللَّهُ ۖ وَإِنَّا أَوْ إِيَّاكُمْ لَعَلَىٰ هُدًى أَوْ فِي ضَلَالٍ مُبِينٍ ﴿٢٤﴾

24. ਉਹਨਾਂ ਤੋਂ ਪੁੱਛੋ ਕਿ ਤੁਹਾਨੂੰ ਅਕਾਸ਼ਾਂ ਤੇ ਧਰਤੀ ਵਿੱਚੋਂ ਰੋਜ਼ੀ ਕੌਣ ਦਿੰਦਾ ਹੈ? ਆਖੋ 'ਅੱਲਾਹ'। ਅਤੇ ਇਹ ਵੀ ਪੁੱਛੋ ਕਿ ਕੌਣ ਸਿੱਧੀ ਰਾਹ 'ਤੇ ਹੈ, ਅਸੀਂ ਜਾਂ ਤੁਸੀਂ? ਜਾਂ ਕੌਣ ਸਪਸ਼ਟ ਕੁਰਾਹੇ ਪਿਆ ਹੋਇਆ ਹੈ?

قُلْ لَا تُسْأَلُونَ عَمَّا أَجْرَمْنَا وَلَا نُسْأَلُ عَمَّا تَعْمَلُونَ ﴿٢٥﴾

25 ਆਖ ਦਿਓ ਕਿ ਸਾਡੇ ਕੀਤੇ ਹੋਏ ਅਪਰਾਧਾਂ ਬਾਰੇ ਤੁਹਾਥੋਂ ਪੁੱਛਿਆ ਨਹੀਂ ਜਾਵੇਗਾ ਅਤੇ ਨਾ ਹੀ ਤੁਹਾਡੇ ਕੰਮਾਂ ਬਾਰੇ ਸਾਥੋਂ ਕੁੱਝ ਪੁੱਛਿਆ ਜਾਵੇਗਾ।

قُلْ يَجْمَعُ بَيْنَنَا رَبُّنَا ثُمَّ يَفْتَحُ بَيْنَنَا بِالْحَقِّ وَهُوَ الْفَتَّاحُ الْعَلِيمُ ﴿٢٦﴾

26. ਉਹਨਾਂ ਨੂੰ ਦੱਸ ਦਿਓ ਕਿ ਸਾਨੂੰ ਸਭ ਨੂੰ ਸਾਡਾ ਰੱਬ ਇਕੱਠਾ ਕਰੇਗਾ ਫੇਰ ਉਹ ਸਾਡੇ ਵਿਚਾਲੇ ਹੱਕ (ਇਨਸਾਫ਼) ਨਾਲ ਫ਼ੈਸਲਾ ਕਰ ਦੇਵੇਗਾ। ਉਹੀਓ ਵਧੀਆ ਫ਼ੈਸਲਾ ਕਰਨ ਵਾਲਾ ਤੇ ਦਾਨਾਈ ਵਾਲਾ ਹੈ।

قُلْ أَرُونِيَ الَّذِينَ أَلْحَقْتُمْ بِهِ شُرَكَاءَ ۖ كَلَّا ۚ بَلْ هُوَ اللَّهُ الْعَزِيزُ الْحَكِيمُ ﴿٢٧﴾

27. ਆਖੋ ਕਿ ਚੰਗਾ ਮੈਨੂੰ ਵੀ ਤਾਂ ਉਹਨਾਂ ਇਸ਼ਟਾਂ ਨੂੰ ਵਿਖਾਓ ਜਿਨ੍ਹਾਂ ਨੂੰ ਤੁਸੀਂ ਅੱਲਾਹ ਦਾ ਸਾਂਝੀ ਬਣਾ ਕੇ ਉਸ (ਅੱਲਾਹ) ਦੇ ਨਾਲ ਰਲਾ ਮਿਲਾ ਦਿੱਤਾ ਹੈ, ਜਦ ਕਿ ਉਸ ਦਾ ਸਾਂਝੀ ਕੋਈ ਵੀ ਨਹੀਂ ਹੋ ਸਕਦਾ, ਸਗੋਂ ਉਹੀਓ ਅੱਲਾਹ ਜ਼ੋਰਾਵਰ ਤੇ ਹਿਕਮਤ ਵਾਲਾ ਹੈ।

وَمَا أَرْسَلْنَاكَ إِلَّا كَافَّةً لِلنَّاسِ بَشِيرًا وَنَذِيرًا وَلَٰكِنَّ أَكْثَرَ النَّاسِ لَا يَعْلَمُونَ ﴿٢٨﴾

28. (ਹੇ ਮੁਹੰਮਦ) ਅਸਾਂ ਤੁਹਾਨੂੰ ਸਾਰੇ ਹੀ ਲੋਕਾਂ ਲਈ (ਸਵਰਗ ਦੀਆਂ) ਖ਼ੁਸ਼ਖ਼ਬਰੀਆਂ ਸੁਣਾਉਣ ਵਾਲਾ ਅਤੇ (ਨਰਕ ਤੋਂ) ਡਰਾਉਣ ਵਾਲਾ ਬਣਾ ਕੇ ਭੇਜਿਆ ਹੈ ਪਰ ਲੋਕਾਂ ਦੀ ਬਹੁਗਿਣਤੀ ਅਗਿਆਨੀਆਂ ਦੀ ਹੈ।[1]

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 252/2

29 (ਹੇ ਨਬੀ!) ਉਹ ਲੋਕੀ ਤੁਹਾਥੋਂ ਪੁੱਛਦੇ ਹਨ ਕਿ (ਕਿਆਮਤ ਦਾ) ਵਾਅਦਾ ਕਦੋਂ ਪੂਰਾ ਹੋਵੇਗਾ? (ਜੇ ਤੁਸੀਂ ਸੱਚੇ ਹੋ ਤਾਂ ਦੱਸੋ?)

وَيَقُولُونَ مَتَىٰ هَٰذَا الْوَعْدُ إِن كُنتُمْ صَادِقِينَ (29)

30. (ਹੇ ਨਬੀ!) ਉਹਨਾਂ ਨੂੰ ਕਹੋ ਕਿ ਤੁਹਾਡੇ ਲਈ ਇਕ ਅਜਿਹੇ ਵਾਅਦਾ ਦਾ ਦਿਨ ਨਿਯਤ ਹੈ ਜਿਸ ਤੋਂ ਤੁਸੀਂ ਇਕ ਘੜੀ ਵੀ ਨਾ ਪਿਛਾਂਹ ਰਹਿ ਸਕਦੇ ਹੋ ਅਤੇ ਨਾ ਹੀ ਅਗਾਂਹ ਵਧ ਸਕਦੇ ਹੋ।

قُل لَّكُم مِّيعَادُ يَوْمٍ لَّا تَسْتَأْخِرُونَ عَنْهُ سَاعَةً
وَلَا تَسْتَقْدِمُونَ (30)

31 ਅਤੇ ਕਾਫ਼ਿਰ ਆਖਦੇ ਹਨ ਕਿ ਅਸੀਂ ਇਸ ਕ਼ੁਰਆਨ 'ਤੇ ਈਮਾਨ ਨਹੀਂ ਲਿਆਵਾਂਗੇ ਅਤੇ ਨਾ ਹੀ ਇਸ ਤੋਂ ਪਹਿਲੀਆਂ ਕਿਤਾਬਾਂ 'ਤੇ (ਈਮਾਨ ਹੈ)। (ਹੇ ਨਬੀ!) ਕਾਸ਼! ਜੇ ਤੁਸੀਂ ਉਹਨਾਂ ਜ਼ਾਲਮਾਂ ਨੂੰ ਉਸ ਸਮੇਂ ਵੇਖੋ ਜਦੋਂ ਉਹ ਆਪਣੇ ਰੱਬ ਦੇ ਹਜ਼ੂਰ ਖਲੋਤੇ ਇਕ ਦੂਜੇ 'ਤੇ ਆਰੋਪ ਲਾ ਰਹੇ ਹੋਣਗੇ। ਜਿਹੜੇ ਲੋਕੀ ਸੰਸਾਰ ਵਿਚ ਕਮਜ਼ੋਰ ਸਮਝੇ ਜਾਂਦੇ ਸੀ ਉਹ ਵਡਿਆਈ ਮਾਰਨ ਵਾਲਿਆਂ ਨੂੰ ਆਖਣਗੇ ਕਿ ਜੇ ਤੁਸੀਂ ਨਾ ਹੁੰਦੇ ਤਾਂ ਅਸੀਂ ਵੀ ਈਮਾਨ ਵਾਲੇ ਹੁੰਦੇ।

وَقَالَ الَّذِينَ كَفَرُوا لَن نُّؤْمِنَ بِهَٰذَا الْقُرْآنِ وَلَا
بِالَّذِي بَيْنَ يَدَيْهِ ۗ وَلَوْ تَرَىٰ إِذِ الظَّالِمُونَ مَوْقُوفُونَ
عِندَ رَبِّهِمْ يَرْجِعُ بَعْضُهُمْ إِلَىٰ بَعْضٍ الْقَوْلَ
يَقُولُ الَّذِينَ اسْتُضْعِفُوا لِلَّذِينَ اسْتَكْبَرُوا لَوْلَا
أَنتُمْ لَكُنَّا مُؤْمِنِينَ (31)

32 ਉਹ ਘਮੰਡੀ ਲੋਕ (ਸਮਾਜ ਦੇ) ਕਮਜ਼ੋਰ ਲੋਕਾਂ ਨੂੰ ਆਖਣਗੇ, ਕੀ ਅਸੀਂ ਤੁਹਾਨੂੰ ਉਸ ਹਿਦਾਇਤ (ਕ਼ੁਰਆਨ) ਤੋਂ ਰੋਕਿਆ ਸੀ ਜਿਹੜੀ ਤੁਹਾਡੇ ਕੋਲ ਆ ਚੁੱਕੀ ਸੀ? ਨਹੀਂ। ਤੁਸੀਂ ਤਾਂ ਆਪੇ ਹੀ ਅਪਰਾਧੀ ਸੀ?

قَالَ الَّذِينَ اسْتَكْبَرُوا لِلَّذِينَ اسْتُضْعِفُوا أَنَحْنُ
صَدَدْنَاكُمْ عَنِ الْهُدَىٰ بَعْدَ إِذْ جَاءَكُم ۖ بَلْ كُنتُم
مُّجْرِمِينَ (32)

33. (ਜਵਾਬ ਵਿਚ) ਉਹ ਕਮਜ਼ੋਰ ਲੋਕ ਉਹਨਾਂ ਘਮੰਡੀਆਂ ਨੂੰ ਆਖਣਗੇ ਕਿ ਨਹੀਂ, ਸਗੋਂ ਤੁਹਾਡੀਆਂ ਦਿਨ-ਰਾਤ ਦੀਆਂ ਚਾਲਾਂ ਨੇ ਹੀ ਸਾਨੂੰ (ਈਮਾਨ ਲਿਆਉਣ ਤੋਂ) ਰੋਕ ਰੱਖਿਆ ਸੀ। ਤੁਸੀਂ ਸਾਨੂੰ ਅੱਲਾਹ ਨਾਲ ਕੁਫ਼ਰ ਕਰਨ ਲਈ ਅਤੇ ਉਸ ਦੇ ਨਾਲ ਸਾਂਝੀ ਬਣਾਉਣ ਲਈ ਹੁਕਮ ਦਿੰਦੇ ਸੀ। ਜਦੋਂ ਉਹ (ਕਮਜ਼ੋਰ ਲੋਕ) ਅਜ਼ਾਬ ਵੇਖਣਗੇ ਤਾਂ ਉਹ ਪਛਤਾਵੇ ਨੂੰ

وَقَالَ الَّذِينَ اسْتُضْعِفُوا لِلَّذِينَ اسْتَكْبَرُوا بَلْ
مَكْرُ اللَّيْلِ وَالنَّهَارِ إِذْ تَأْمُرُونَنَا أَن نَّكْفُرَ بِاللَّهِ
وَنَجْعَلَ لَهُ أَندَادًا ۚ وَأَسَرُّوا النَّدَامَةَ لَمَّا رَأَوُا
الْعَذَابَ وَجَعَلْنَا الْأَغْلَالَ فِي أَعْنَاقِ الَّذِينَ
كَفَرُوا ۚ هَلْ يُجْزَوْنَ إِلَّا مَا كَانُوا يَعْمَلُونَ (33)

ਆਪਣੇ ਦਿਲਾਂ ਵਿਚ ਗੁਪਤ ਰੱਖਣ ਦੀ ਕੋਸ਼ਿਸ਼ ਕਰਨਗੇ ਅਤੇ (ਜਿਨ੍ਹਾਂ ਨੇ ਘਮੰਡ ਵਿਚ ਆਕੇ) ਇਨਕਾਰ ਕੀਤਾ ਸੀ ਅਸੀਂ ਉਹਨਾਂ ਦੇ ਗਲਿਆਂ ਵਿਚ ਤੌਕ (ਪਟੇ) ਪਾ ਦਿਆਂਗੇ, ਉਹਨਾਂ ਨੂੰ ਉਹਨਾਂ ਦੇ ਕੀਤੇ ਕਰਮਾਂ ਦਾ ਬਦਲਾ ਦਿੱਤਾ ਜਾਵੇਗਾ।

34. ਅਤੇ ਅਸੀਂ ਜਿਸ ਬਸਤੀ ਵਿਚ ਕੋਈ ਸਾਵਧਾਨ ਕਰਨ ਵਾਲਾ (ਨਬੀ) ਭੇਜਿਆ, ਉੱਥੇ ਦੇ ਖਾਂਦੇ ਪੀਂਦੇ ਲੋਕਾਂ ਨੇ ਇਹੋ ਕਿਹਾ ਕਿ ਜਿਸ ਚੀਜ਼ ਨੂੰ ਤੁਸੀਂ ਲੈਕੇ ਆਏ ਹੋ ਅਸੀਂ ਉਸ ਦਾ ਇਨਕਾਰ ਕਰਦੇ ਹਾਂ।

وَمَآ أَرْسَلْنَا فِى قَرْيَةٍ مِّن نَّذِيرٍ إِلَّا قَالَ مُتْرَفُوهَآ إِنَّا بِمَآ أُرْسِلْتُم بِهِۦ كَٰفِرُونَ (34)

35 ਅਤੇ ਉਹਨਾਂ (ਘਮੰਡੀਆਂ) ਨੇ ਇਹ ਵੀ ਕਿਹਾ ਕਿ ਅਸੀਂ ਤੁਹਾਥੋਂ ਵਧੇਰੇ ਧਨ ਦੌਲਤ ਤੇ ਸੰਤਾਨ ਦੇ ਮਾਲਿਕ ਹਾਂ ਅਤੇ ਨਾ ਹੀ ਸਾਨੂੰ ਅਜ਼ਾਬ ਦਿੱਤਾ ਜਾਵੇਗਾ।

وَقَالُوا۟ نَحْنُ أَكْثَرُ أَمْوَٰلًا وَأَوْلَٰدًا وَمَا نَحْنُ بِمُعَذَّبِينَ (35)

36. ਹੇ ਨਬੀ (ਸ)! ਆਖ ਦਿਓ ਕਿ ਮੇਰਾ ਮਾਲਿਕ ਜਿਸ ਲਈ ਚਾਹੁੰਦਾ ਹੈ ਉਸ ਲਈ ਰਿਜ਼ਕ ਵਿਚ ਵਾਧਾ ਕਰ ਦਿੰਦਾ ਹੈ ਅਤੇ ਕਿਸੇ ਦੇ ਰਿਜ਼ਕ ਨੂੰ ਘਟਾ ਵੀ ਦਿੰਦਾ ਹੈ, ਪਰ ਬਹੁਤੇ ਲੋਕ ਇਸ ਨੂੰ ਨਹੀਂ ਸਮਝਦੇ।

قُلْ إِنَّ رَبِّى يَبْسُطُ ٱلرِّزْقَ لِمَن يَشَآءُ وَيَقْدِرُ وَلَٰكِنَّ أَكْثَرَ ٱلنَّاسِ لَا يَعْلَمُونَ (36)

37 ਤੁਹਾਡੇ ਮਾਲ ਤੇ ਔਲਾਦ ਅਜਿਹੇ ਨਹੀਂ ਜਿਹੜੇ ਤੁਹਾਨੂੰ ਸਾਡੇ ਨੇੜੇ ਕਰ ਦੇਣ। ਹਾਂ! ਨੇੜੇ ਉਹ ਹਨ ਜਿਹੜੇ ਈਮਾਨ ਲੈ ਆਉਣ ਤੇ ਨੇਕ ਕੰਮ ਕਰਨ, ਉਹਨਾਂ ਲਈ ਉਹਨਾਂ ਦੇ ਕਰਮਾਂ ਦਾ ਦੂਣਾ ਬਦਲਾ ਹੈ ਅਤੇ ਉਹ ਨਿਸ਼ਚਿੰਤ ਹੋਕੇ ਉੱਚੀਆਂ-ਉੱਚੀਆਂ ਥਾਵਾਂ 'ਤੇ ਰਹਿਣਗੇ।

وَمَآ أَمْوَٰلُكُمْ وَلَآ أَوْلَٰدُكُم بِٱلَّتِى تُقَرِّبُكُمْ عِندَنَا زُلْفَىٰٓ إِلَّا مَنْ ءَامَنَ وَعَمِلَ صَٰلِحًا فَأُو۟لَٰٓئِكَ لَهُمْ جَزَآءُ ٱلضِّعْفِ بِمَا عَمِلُوا۟ وَهُمْ فِى ٱلْغُرُفَٰتِ ءَامِنُونَ (37)

38. ਅਤੇ ਜਿਹੜੇ ਲੋਕ ਸਾਨੂੰ ਬੇ-ਬਸ ਕਰਨ ਲਈ ਸਾਡੀਆਂ ਆਇਤਾਂ (ਹੁਕਮਾਂ) ਨੂੰ ਝੁਠਲਾਉਣ ਵਿਚ ਲੱਗੇ ਰਹਿੰਦੇ ਹਨ ਉਹੀ ਲੋਕ ਅਜ਼ਾਬ ਲਈ ਹਾਜ਼ਰ ਕੀਤੇ ਜਾਣਗੇ।

وَٱلَّذِينَ يَسْعَوْنَ فِىٓ ءَايَٰتِنَا مُعَٰجِزِينَ أُو۟لَٰٓئِكَ فِى ٱلْعَذَابِ مُحْضَرُونَ (38)

39. (ਹੇ ਨਬੀ !) ਆਖ ਦਿਓ ਕਿ ਮੇਰਾ ਪਾਲਣਹਾਰ ਆਪਣੇ ਬੰਦਿਆਂ ਵਿੱਚੋਂ ਜਿਸ ਲਈ ਚਾਹੇ ਰਿਜ਼ਕ ਵਿਚ ਵਾਧਾ ਕਰ ਦਿੰਦਾ ਹੈ ਅਤੇ ਜਿਸ ਲਈ ਚਾਹਵੇ ਰਿਜ਼ਕ ਤੰਗ ਕਰ ਦਿੰਦਾ ਹੈ। ਤੁਸੀਂ ਜੋ ਵੀ ਅੱਲਾਹ ਦੀ ਰਾਹ ਵਿਚ ਖ਼ਰਚ ਕਰੋਗੇ ਅੱਲਾਹ ਉਸ ਦਾ ਬਦਲਾ ਦੇਵੇਗਾ ਅਤੇ ਉਹੀਓ ਤਾਂ ਹੈ ਜਿਹੜਾ ਸਭ ਤੋਂ ਵਧੀਆ ਰੋਜ਼ੀ ਦੇਣ ਵਾਲਾ ਹੈ।

قُلْ إِنَّ رَبِّي يَبْسُطُ الرِّزْقَ لِمَن يَشَاءُ مِنْ عِبَادِهِ
وَيَقْدِرُ لَهُ ۚ وَمَا أَنفَقْتُم مِّن شَيْءٍ فَهُوَ يُخْلِفُهُ ۖ
وَهُوَ خَيْرُ الرَّازِقِينَ ﴿٣٩﴾

40. ਅਤੇ ਜਿਸ (ਕਿਆਮਤ ਵਾਲੇ) ਦਿਨ ਉਹ ਸਾਰਿਆਂ ਨੂੰ ਇਕੱਠਾ ਕਰੇਗਾ ਅਤੇ ਫ਼ਰਿਸ਼ਤਿਆਂ ਨੂੰ ਪੁੱਛੇਗਾ, ਕੀ ਇਹ ਲੋਕੀ ਤੁਹਾਡੀ ਬੰਦਗੀ ਕਰਦੇ ਸਨ?

وَيَوْمَ يَحْشُرُهُمْ جَمِيعًا ثُمَّ يَقُولُ لِلْمَلَائِكَةِ أَهَٰؤُلَاءِ
إِيَّاكُمْ كَانُوا يَعْبُدُونَ ﴿٤٠﴾

41. ਉਹ (ਫ਼ਰਿਸ਼ਤੇ) ਆਖਣਗੇ ਕਿ ਤੇਰੀ ਜ਼ਾਤ (ਹਰ ਐਬ ਤੋਂ) ਪਾਕ ਹੈ, ਤੇਰੇ ਤੋਂ ਛੁੱਟ ਸਾਡਾ ਕੋਈ ਕੰਮ ਸਵਾਰਨ ਵਾਲਾ ਨਹੀਂ, ਜਦ ਕਿ ਇਹ (ਕਾਫ਼ਿਰ) ਤਾਂ ਜਿੰਨਾਂ ਦੀ ਬੰਦਗੀ ਕਰਦੇ ਸੀ, ਉਹਨਾਂ ਵਿੱਚੋਂ ਬਹੁਤਿਆਂ ਦਾ ਤਾਂ ਉਹਨਾਂ 'ਤੇ ਹੀ ਈਮਾਨ ਸੀ।

قَالُوا سُبْحَانَكَ أَنتَ وَلِيُّنَا مِن دُونِهِم ۖ بَلْ كَانُوا
يَعْبُدُونَ الْجِنَّ ۖ أَكْثَرُهُم بِهِم مُّؤْمِنُونَ ﴿٤١﴾

42. ਸੋ ਅੱਜ (ਕਿਆਮਤ ਦਿਹਾੜੇ) ਤੁਹਾਡੇ 'ਚੋਂ ਨਾ ਕੋਈ ਕਿਸੇ ਨੂੰ ਲਾਭ ਪਹੁੰਚਾ ਸਕਦਾ ਹੈ ਅਤੇ ਨਾ ਹੀ ਹਾਨੀ ਅਤੇ ਅਸੀਂ ਜ਼ਾਲਮਾਂ ਨੂੰ ਕਹਾਂਗੇ ਕਿ ਉਸ ਅੱਗ ਦਾ ਸੁਆਦ ਲਵੋ ਜਿਸ ਨੂੰ ਤੁਸੀਂ ਝੁਠਲਾਉਂਦੇ ਸੀ[1]

فَالْيَوْمَ لَا يَمْلِكُ بَعْضُكُمْ لِبَعْضٍ نَّفْعًا وَلَا ضَرًّا
وَنَقُولُ لِلَّذِينَ ظَلَمُوا ذُوقُوا عَذَابَ النَّارِ الَّتِي
كُنتُم بِهَا تُكَذِّبُونَ ﴿٤٢﴾

43. ਜਦੋਂ ਉਹਨਾਂ (ਕਾਫ਼ਿਰਾਂ) ਨੂੰ ਸਾਡੀਆਂ ਸਪਸ਼ਟ ਆਇਤਾਂ (ਕੁਰਆਨ ਦੀਆਂ) ਸੁਣਾਈਆਂ ਜਾਂਦੀਆਂ ਹਨ ਤਾਂ ਉਹ ਆਖਦੇ ਹਨ ਕਿ ਇਹ (ਮੁਹੰਮਦ ਸ:) ਤਾਂ ਉਹ ਵਿਅਕਤੀ ਹੈ ਜਿਹੜਾ ਤੁਹਾਨੂੰ ਤੁਹਾਡੇ ਬਾਪ ਦਾਦਾ (ਵਡੇਰਿਆਂ) ਦੇ ਇਸ਼ਟਾਂ ਦੀ ਇਬਾਦਤ ਤੋਂ ਰੋਕਦਾ ਹੈ ਅਤੇ ਉਹ ਇਹ ਵੀ ਆਖਦੇ ਹਨ ਕਿ ਇਹ (ਕੁਰਆਨ) ਤਾਂ ਘੜ੍ਹਿਆ ਘੜਾਇਆ ਝੂਠ ਹੈ। ਜਦ ਕਿ ਹੱਕ ਉਹਨਾਂ ਕਾਫ਼ਿਰਾਂ ਕੋਲ ਆ

وَإِذَا تُتْلَىٰ عَلَيْهِمْ آيَاتُنَا بَيِّنَاتٍ قَالُوا مَا هَٰذَا إِلَّا رَجُلٌ
يُرِيدُ أَن يَصُدَّكُمْ عَمَّا كَانَ يَعْبُدُ آبَاؤُكُمْ وَقَالُوا
مَا هَٰذَا إِلَّا إِفْكٌ مُّفْتَرًى ۚ وَقَالَ الَّذِينَ كَفَرُوا لِلْحَقِّ
لَمَّا جَاءَهُمْ إِنْ هَٰذَا إِلَّا سِحْرٌ مُّبِينٌ ﴿٤٣﴾

[1] ਵੇਖੋ ਸੂਰਤ ਅਲ-ਕਹਫ਼, ਹਾਸ਼ੀਆ ਆਇਤ 102/18

ਢੁੱਕਿਆ ਹੈ, ਫੇਰ ਵੀ ਕਾਫ਼ਿਰ ਇਹੋ ਆਖਦੇ ਰਹੇ ਕਿ ਉਹ ਤਾਂ ਸਪਸ਼ਟ ਰੂਪ ਵਿਚ ਇਕ ਜਾਦੂ ਹੈ।

44. ਅਸੀਂ ਉਹਨਾਂ (ਮੱਕੇ ਦੇ ਕਾਫ਼ਿਰਾਂ) ਨੂੰ ਕੋਈ ਕਿਤਾਬ ਨਹੀਂ ਦਿੱਤੀ ਕਿ ਉਹ ਉਸ ਨੂੰ ਪੜ੍ਹਦੇ ਅਤੇ ਨਾ ਹੀ ਉਹਨਾਂ ਦੇ ਕੋਲ (ਹੇ ਮੁਹੰਮਦ) ਤੁਹਾਥੋਂ ਪਹਿਲਾਂ ਕੋਈ ਖ਼ਬਰਦਾਰ ਕਰਨ ਵਾਲਾ ਹੀ ਘੱਲਿਆ ਸੀ।

وَمَآ ءَاتَيْنَٰهُم مِّن كُتُبٍ يَدْرُسُونَهَا ۖ وَمَآ أَرْسَلْنَآ إِلَيْهِمْ قَبْلَكَ مِن نَّذِيرٍ ٤٤

45. ਇਹਨਾਂ (ਮੱਕੇ ਵਾਲਿਆਂ) ਤੋਂ ਪਹਿਲਾਂ ਦੇ ਲੋਕਾਂ ਨੇ ਵੀ ਹੱਕ ਨੂੰ ਝੁਠਲਾਇਆ ਸੀ ਜਦ ਕਿ ਇਹ ਉਹਨਾਂ ਦੇ ਦਸਵੇਂ ਹਿੱਸੇ ਨੂੰ ਵੀ ਨਹੀਂ ਪਹੁੰਚਦੇ ਜਿਹੜਾ ਅਸੀਂ ਉਹਨਾਂ ਨੂੰ (ਜੀਵਨ ਸਮੱਗਰੀ) ਦਿੱਤਾ ਸੀ। ਫੇਰ ਵੀ ਉਹਨਾਂ ਨੇ ਮੇਰੇ ਰਸੂਲਾਂ ਨੂੰ ਝੁਠਲਾਇਆ, ਫੇਰ ਵੇਖੋ ਉਹਨਾਂ 'ਤੇ ਮੇਰੇ ਅਜ਼ਾਬ ਕਿਹੋ ਜਿਹਾ ਹੋਇਆ ਸੀ?

وَكَذَّبَ ٱلَّذِينَ مِن قَبْلِهِمْ وَمَا بَلَغُوا۟ مِعْشَارَ مَآ ءَاتَيْنَٰهُمْ فَكَذَّبُوا۟ رُسُلِى ۖ فَكَيْفَ كَانَ نَكِيرِ ٤٥

46. (ਹੇ ਨਬੀ!) ਆਖ ਦਿਓ ਕਿ ਮੈਂ ਤਾਂ ਤੁਹਾਨੂੰ ਇਕ ਹੀ ਗੱਲ ਦੀ ਨਸੀਹਤ ਕਰਦਾ ਹਾਂ ਕਿ ਤੁਸੀਂ ਅੱਲਾਹ ਵਾਸਤੇ, ਇਕੱਲੇ ਇਕੱਲੇ ਜਾਂ ਦੋ-ਦੋ ਮਿਲ ਕੇ (ਇਕ ਪਾਸੇ) ਖੜ੍ਹੇ ਹੋ ਜਾਓ ਤੇ ਜ਼ਰਾ ਸੋਚ-ਵਿਚਾਰ ਤਾਂ ਕਰੋ (ਕਿ ਹਕੀਕਤ ਕੀ ਹੈ) ਤੁਹਾਡੇ ਇਸ ਸਾਥੀ (ਮੁਹੰਮਦ ਸ.) ਵਿਚ ਕੋਈ ਵੀ ਦੀਵਾਨਗੀ ਵਾਲੀ ਗੱਲ ਨਹੀਂ, ਉਹ ਤਾਂ ਤੁਹਾਨੂੰ ਇਕ ਕਰੜੇ ਅਜ਼ਾਬ (ਕਿਆਮਤ ਦਿਹਾੜੇ ਦੇ) ਆਉਣ ਤੋਂ ਪਹਿਲਾਂ ਡਰਾਉਣ ਵਾਲਾ ਹੈ।

قُلْ إِنَّمَآ أَعِظُكُم بِوَٰحِدَةٍ ۖ أَن تَقُومُوا۟ لِلَّهِ مَثْنَىٰ وَفُرَٰدَىٰ ثُمَّ تَتَفَكَّرُوا۟ ۚ مَا بِصَاحِبِكُم مِّن جِنَّةٍ ۚ إِنْ هُوَ إِلَّا نَذِيرٌ لَّكُم بَيْنَ يَدَىْ عَذَابٍ شَدِيدٍ ٤٦

47. (ਹੇ ਨਬੀ!) ਆਖ ਦਿਓ ਕਿ ਜੇ ਮੈਂ ਤੁਹਾਥੋਂ ਕੋਈ ਬਦਲਾ (ਇਹਨਾਂ ਚਿਤਾਵਨੀਆਂ ਦੇਣ ਦਾ) ਮੰਗਾਂ ਤਾਂ ਉਹ ਤੁਹਾਨੂੰ ਹੀ ਮੁਬਾਰਕ, ਮੇਰਾ ਬਦਲਾ ਤਾਂ ਅੱਲਾਹ ਦੇ ਹੀ ਜ਼ਿੰਮੇ ਹੈ ਅਤੇ ਉਹ ਹਰ ਗੱਲ ਦੀ ਖ਼ਬਰ ਰੱਖਦਾ ਹੈ।

قُلْ مَا سَأَلْتُكُم مِّنْ أَجْرٍ فَهُوَ لَكُمْ ۖ إِنْ أَجْرِىَ إِلَّا عَلَى ٱللَّهِ ۚ وَهُوَ عَلَىٰ كُلِّ شَىْءٍ شَهِيدٌ ٤٧

48. ਆਖੋ ਕਿ ਬੇਸ਼ੱਕ ਮੇਰਾ ਰੱਬ ਹੀ ਮੇਰੇ ਉੱਤੇ ਹੱਕ ਉਤਾਰਦਾ ਹੈ ਅਤੇ ਹਰ ਪ੍ਰਕਾਰ ਦੇ ਗੁਪਤ ਗਿਆਨ ਦਾ ਜਾਣਨਹਾਰ ਹੈ।

قُلْ إِنَّ رَبِّى يَقْذِفُ بِٱلْحَقِّ عَلَّٰمُ ٱلْغُيُوبِ ٤٨

49. (ਹੇ ਨਬੀ!) ਆਖ ਦਿਓ ਕਿ ਹੱਕ (ਇਸਲਾਮ) ਆ ਗਿਆ, ਬਾਤਿਲ (ਕੂੜ, ਕੁਫ਼ਰ) ਨਾ ਤਾਂ ਪਹਿਲਾਂ ਕਦੇ ਛਾਇਆ ਹੈ ਅਤੇ ਨਾ ਹੀ ਹੁਣ ਛਾਵੇਗਾ।

قُلْ جَاءَ الْحَقُّ وَمَا يُبْدِئُ الْبَاطِلُ وَمَا يُعِيدُ ﴿49﴾

50. (ਇਹ ਵੀ) ਆਖ ਦਿਓ ਕਿ ਜੇ ਮੈਂ ਕੁਰਾਹੇ ਪੈ ਜਾਵਾਂ ਤਾਂ ਮੇਰੇ ਇਸ ਕੁਰਾਹੇ ਪੈਣ ਦਾ ਦੋਸ਼ ਮੇਰਾ ਹੀ ਹੈ, ਜੇ ਮੈਂ ਸਿੱਧੀ ਰਾਹ 'ਤੇ ਹਾਂ ਤਾਂ ਇਸ ਦਾ ਕਾਰਨ ਉਹ ਵਹੀ (ਪੈਗ਼ਾਮ) ਹੈ ਜਿਸ ਨੂੰ ਮੇਰਾ ਪਾਲਣਹਾਰ ਮੇਰੇ ਵੱਲ ਘੱਲਦਾ ਹੈ, ਬੇਸ਼ੱਕ ਉਹ (ਅੱਲਾਹ) ਸੁਣਨ ਵਾਲਾ ਹੈ ਅਤੇ (ਬੰਦੇ ਦੇ) ਬਹੁਤ ਹੀ ਨੇੜੇ ਹੈ।

قُلْ إِن ضَلَلْتُ فَإِنَّمَا أَضِلُّ عَلَىٰ نَفْسِي ۖ وَإِنِ اهْتَدَيْتُ فَبِمَا يُوحِي إِلَيَّ رَبِّي ۚ إِنَّهُ سَمِيعٌ قَرِيبٌ ﴿50﴾

51 (ਹੇ ਨਬੀ!) ਕਾਸ਼ ਜੇ ਤੁਸੀਂ (ਉਸ ਸਮੇਂ) ਇਹਨਾਂ ਕਾਫ਼ਿਰਾਂ ਨੂੰ ਵੇਖੋ ਜਦੋਂ ਉਹ ਘਬਰਾਏ ਹੋਏ ਹੋਣਗੇ ਅਤੇ (ਉੱਥਿਓਂ) ਉਹ ਬਚ ਨਾ ਸਕਣਗੇ ਅਤੇ ਉਹ ਨੇੜੇ ਤੋਂ ਹੀ ਫੜੇ ਜਾਣਗੇ।

وَلَوْ تَرَىٰ إِذْ فَزِعُوا فَلَا فَوْتَ وَأُخِذُوا مِن مَّكَانٍ قَرِيبٍ ﴿51﴾

52 ਉਸ ਸਮੇਂ ਇਹ (ਕਾਫ਼ਿਰ) ਆਖਣਗੇ ਕਿ ਹੁਣ ਅਸੀਂ ਈਮਾਨ ਲਿਆਏ ਹਾਂ, ਪਰ ਇੰਨੀ ਦੂਰ ਤੋਂ ਈਮਾਨ ਦੀ ਪ੍ਰਾਪਤੀ ਕਿਵੇਂ ਸੰਭਵ ਹੈ?

وَقَالُوا آمَنَّا بِهِ وَأَنَّىٰ لَهُمُ التَّنَاوُشُ مِن مَّكَانٍ بَعِيدٍ ﴿52﴾

53 ਜਦ ਕਿ ਇਸ (ਕਿਆਮਤ) ਤੋਂ ਪਹਿਲਾਂ (ਸੰਸਾਰ ਵਿਚ) ਉਹ ਇਸ ਦੇ ਇਨਕਾਰੀ ਸਨ ਅਤੇ ਦੂਰ ਤੋਂ ਹੀ ਬਿਨਾਂ ਵੇਖੇ ਹੀ (ਖ਼ਿਆਲੀ ਤੀਰ) ਸੁੱਟਦੇ ਰਹੇ।

وَقَدْ كَفَرُوا بِهِ مِن قَبْلُ ۖ وَيَقْذِفُونَ بِالْغَيْبِ مِن مَّكَانٍ بَعِيدٍ ﴿53﴾

54 (ਕਿਆਮਤ ਦਿਹਾੜੇ) ਉਹਨਾਂ ਦੇ ਅਤੇ ਉਹਨਾਂ ਦੀਆਂ ਇੱਛਾਵਾਂ ਵਿਚਾਲੇ ਓਟ ਕਰ ਦਿੱਤੀ ਜਾਵੇਗੀ। ਜਿਵੇਂ ਕਿ ਇਨ੍ਹਾਂ ਤੋਂ ਪਹਿਲਾਂ ਉਹਨਾਂ ਵਰਗਿਆਂ ਨਾਲ ਕੀਤਾ ਗਿਆ ਸੀ। ਬੇਸ਼ੱਕ ਉਹ ਦੁਬਿਧਾ ਵਿਚ ਪਾਉਣ ਵਾਲੀ ਅਸ਼ੰਕਾ ਵਿਚ ਫਸੇ ਹੋਏ ਸਨ।

وَحِيلَ بَيْنَهُمْ وَبَيْنَ مَا يَشْتَهُونَ كَمَا فُعِلَ بِأَشْيَاعِهِم مِّن قَبْلُ ۚ إِنَّهُمْ كَانُوا فِي شَكٍّ مُّرِيبٍ ﴿54﴾

35. ਸੂਰਤ ਫ਼ਾਤਿਰ (ਮੱਕੀ-43)

سُورَةُ فَاطِرٍ

(ਆਇਤਾਂ 45, ਰੁਕੂਅ 5)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਸਾਰੀਆਂ ਤਾਰੀਫ਼ਾਂ ਉਸ ਅੱਲਾਹ ਲਈ ਹਨ ਜਿਹੜਾ ਕਿ ਅਕਾਸ਼ਾਂ ਤੇ ਧਰਤੀ ਦਾ ਪੈਦਾ ਕਰਨ ਵਾਲਾ ਹੈ ਅਤੇ ਦੋ-ਦੋ ਤਿੰਨ ਤਿੰਨ ਚਾਰ ਚਾਰ ਪਰਾਂ ਵਾਲੇ ਫ਼ਰਿਸ਼ਤਿਆਂ ਰਾਹੀਂ ਆਪਣੇ ਸੁਨੇਹੇ ਪਹੁੰਚਾਉਣ ਵਾਲਾ ਹੈ। ਉਹ ਆਪਣੀ ਰਚਨਾ ਵਿਚ ਜਿਵੇਂ ਚਾਹਵੇ ਵਾਧਾ ਕਰਦਾ ਹੈ। ਅੱਲਾਹ ਹਰ ਚੀਜ਼ ਦੀ ਸਮਰਥਾ ਰੱਖਦਾ ਹੈ।

اَلْحَمْدُ لِلّٰهِ فَاطِرِ السَّمٰوٰتِ وَالْاَرْضِ جَاعِلِ الْمَلٰٓئِكَةِ
رُسُلًا اُولِيْٓ اَجْنِحَةٍ مَّثْنٰى وَثُلٰثَ وَرُبٰعَ ۭ يَزِيْدُ
فِي الْخَلْقِ مَا يَشَاۗءُ ۭ اِنَّ اللّٰهَ عَلٰي كُلِّ شَيْءٍ قَدِيْرٌ 1

2. ਅੱਲਾਹ ਲੋਕਾਂ ਲਈ ਆਪਣੀਆਂ ਰਹਿਮਤਾਂ ਦੇ ਜਿਹੜੇ ਬੂਹੇ ਖੋਲ੍ਹ ਦਿੰਦਾ ਹੈ ਉਸ ਨੂੰ ਕੋਈ ਬੰਦ ਨਹੀਂ ਕਰ ਸਕਦਾ ਅਤੇ ਜਿਸ ਨੂੰ ਉਹ ਬੰਦ ਕਰ ਦਿੰਦਾ ਹੈ ਉਸ ਨੂੰ ਕੋਈ ਖੋਲ੍ਹ ਨਹੀਂ ਸਕਦਾ ਅਤੇ ਉਹੀਓ ਸ਼ਕਤੀਸ਼ਾਲੀ ਤੇ ਹਿਕਮਤ ਵਾਲਾ (ਸੂਝ-ਬੂਝ ਦਾਨਾਈ ਵਾਲਾ) ਹੈ।

مَا يَفْتَحِ اللّٰهُ لِلنَّاسِ مِنْ رَّحْمَةٍ فَلَا مُمْسِكَ لَهَا ۚ
وَمَا يُمْسِكْ ۙ فَلَا مُرْسِلَ لَهٗ مِنْۢ بَعْدِهٖ ۭ
وَهُوَ الْعَزِيْزُ الْحَكِيْمُ 2

3. ਹੇ ਲੋਕੋ! ਅੱਲਾਹ ਵੱਲੋਂ ਜੋ ਤੁਹਾਡੇ ਉੱਤੇ ਉਪਕਾਰ ਕੀਤੇ ਗਏ ਹਨ ਉਹਨਾਂ ਨੂੰ ਯਾਦ ਰੱਖੋ। ਕੀ ਅੱਲਾਹ ਤੋਂ ਛੁੱਟ ਕੋਈ ਹੋਰ ਰਚਨਾਹਾਰ ਹੈ ਜਿਹੜਾ ਤੁਹਾਨੂੰ ਅਕਾਸ਼ ਤੇ ਧਰਤੀ ਤੋਂ ਰਿਜ਼ਕ ਦਿੰਦਾ ਹੋਵੇ? ਛੁੱਟ ਉਸ (ਅੱਲਾਹ) ਤੋਂ ਕੋਈ ਵੀ ਹੋਰ (ਸੱਚਾ) ਇਸ਼ਟ ਨਹੀਂ, ਤੁਸੀਂ ਕਿਧਰੋਂ ਧੋਖਾ ਖਾ ਰਹੇ ਹੋ?

يٰٓاَيُّهَا النَّاسُ اذْكُرُوْا نِعْمَتَ اللّٰهِ عَلَيْكُمْ ۭ هَلْ
مِنْ خَالِقٍ غَيْرُ اللّٰهِ يَرْزُقُكُمْ مِّنَ السَّمَاۗءِ وَالْاَرْضِ ۭ
لَآ اِلٰهَ اِلَّا هُوَ ڮ فَاَنّٰى تُؤْفَكُوْنَ 3

4. (ਹੇ ਨਬੀ!) ਜੇ ਇਹ (ਕਾਫ਼ਿਰ) ਤੁਹਾਨੂੰ ਝੁਠਲਾ ਰਹੇ ਹਨ (ਤਾਂ ਕੋਈ ਨਵੀਂ ਗੱਲ ਨਹੀਂ) ਤੁਹਾਥੋਂ ਪਹਿਲਾਂ ਵੀ ਬਹੁਤ ਸਾਰੇ ਪੈਗ਼ੰਬਰ ਝੁਠਲਾਏ ਜਾ ਚੁੱਕੇ ਹਨ, ਅੰਤ ਉਹ ਸਾਰੇ ਮਾਮਲੇ (ਨਿਪਟਾਰੇ ਲਈ) ਅੱਲਾਹ ਕੋਲ ਹੀ ਜਾਣਗੇ।

وَاِنْ يُّكَذِّبُوْكَ فَقَدْ كُذِّبَتْ رُسُلٌ مِّنْ قَبْلِكَ ۭ
وَاِلَى اللّٰهِ تُرْجَعُ الْاُمُوْرُ 4

يَا أَيُّهَا النَّاسُ إِنَّ وَعْدَ اللَّهِ حَقٌّ فَلَا تَغُرَّنَّكُمُ الْحَيَاةُ الدُّنْيَا وَلَا يَغُرَّنَّكُم بِاللَّهِ الْغَرُورُ ٥

5. ਹੇ ਲੋਕੋ! ਬੇਸ਼ੱਕ ਅੱਲਾਹ ਦਾ ਵਾਅਦਾ ਸੱਚਾ ਹੈ, ਸੋ ਇਹ ਸੰਸਾਰਿਕ ਜੀਵਨ ਤੁਹਾਨੂੰ ਧੋਖੇ ਵਿਚ ਨਾ ਪਾਈ ਰੱਖੇ ਅਤੇ ਨਾ ਹੀ ਉਹ ਵੱਡਾ ਧੋਖੇਬਾਜ਼ (ਸ਼ੈਤਾਨ) ਤੁਹਾਨੂੰ (ਅੱਲਾਹ ਬਾਰੇ ਕਿਸੇ) ਧੋਖੇ ਵਿਚ ਪਾ ਦੇਵੇ।

إِنَّ الشَّيْطَانَ لَكُمْ عَدُوٌّ فَاتَّخِذُوهُ عَدُوًّا إِنَّمَا يَدْعُو حِزْبَهُ لِيَكُونُوا مِنْ أَصْحَابِ السَّعِيرِ ٦

6. ਬੇਸ਼ੱਕ ਸ਼ੈਤਾਨ ਤੁਹਾਡਾ ਵੈਰੀ ਹੈ, ਸੋ ਤੁਸੀਂ ਵੀ ਉਸ ਨੂੰ ਆਪਣਾ ਵੈਰੀ ਸਮਝੋ। ਉਹ (ਸ਼ੈਤਾਨ) ਤਾਂ ਆਪਣੇ ਪੈਰੋਕਾਰਾਂ ਨੂੰ ਆਪਣੇ ਰਸਤੇ ਵੱਲ ਇਸ ਲਈ ਬੁਲਾਉਂਦਾ ਹੈ ਤਾਂ ਜੋ ਉਹ ਨਰਕ ਵਾਲੇ ਬਣ ਜਾਣ।

الَّذِينَ كَفَرُوا لَهُمْ عَذَابٌ شَدِيدٌ وَالَّذِينَ آمَنُوا وَعَمِلُوا الصَّالِحَاتِ لَهُم مَّغْفِرَةٌ وَأَجْرٌ كَبِيرٌ ٧

7. ਜਿਹੜੇ ਲੋਕ ਕਾਫ਼ਿਰ (ਇਕ ਰੱਬ ਦੇ ਇਨਕਾਰੀ) ਹੋ ਗਏ ਉਹਨਾਂ ਲਈ ਕਰੜੀ ਸਜ਼ਾ ਹੈ ਅਤੇ ਜਿਹੜੇ ਲੋਕੀ ਈਮਾਨ ਲਿਆਏ ਅਤੇ ਉਹਨਾਂ ਨੇ ਨੇਕ ਕੰਮ ਵੀ ਕੀਤੇ ਉਹਨਾਂ ਲਈ ਬਖ਼ਸ਼ਿਸ਼ ਤੇ ਬਹੁਤ ਵੱਡਾ ਬਦਲਾ ਹੈ।

أَفَمَن زُيِّنَ لَهُ سُوءُ عَمَلِهِ فَرَآهُ حَسَنًا فَإِنَّ اللَّهَ يُضِلُّ مَن يَشَاءُ وَيَهْدِي مَن يَشَاءُ فَلَا تَذْهَبْ نَفْسُكَ عَلَيْهِمْ حَسَرَاتٍ إِنَّ اللَّهَ عَلِيمٌ بِمَا يَصْنَعُونَ ٨

8. ਕੀ ਉਹ ਵਿਅਕਤੀ (ਹਿਦਾਇਤ ਵਾਲਾ ਹੋ ਸਕਦਾ ਹੈ) ਜਿਸ ਲਈ ਉਸ ਦੇ ਭੈੜੇ ਕਰਮਾਂ ਨੂੰ ਸੋਹਣਾ ਬਣਾ ਦਿੱਤਾ ਗਿਆ ਹੋਵੇ ਅਤੇ ਉਹ ਉਹਨਾਂ ਨੂੰ ਚੰਗਾ ਸਮਝਦਾ ਹੋਵੇ। ਬੇਸ਼ੱਕ ਅੱਲਾਹ ਜਿਸ ਨੂੰ ਚਾਹੁੰਦਾ ਹੈ ਗੁਮਰਾਹ ਕਰ ਦਿੰਦਾ ਹੈ ਤੇ ਜਿਸ ਨੂੰ ਚਾਹੁੰਦਾ ਹੈ ਸਿੱਧੇ ਰਾਹ ਪਾਉਂਦਾ ਹੈ। ਸੋ (ਹੇ ਨਬੀ!) ਤੁਸੀਂ ਉਹਨਾਂ ਦੀ ਚਿੰਤਾ ਵਿਚ ਕਿਤੇ ਆਪਣੀ ਜਿੰਦ ਨੂੰ ਹੀ ਨਾ ਗੁਆ ਬੈਠੋ. ਉਹ ਜੋ ਵੀ ਕਰ ਰਹੇ ਹਨ ਅੱਲਾਹ ਭਲੀ-ਭਾਂਤ ਜਾਣੂ ਹੈ।

وَاللَّهُ الَّذِي أَرْسَلَ الرِّيَاحَ فَتُثِيرُ سَحَابًا فَسُقْنَاهُ إِلَىٰ بَلَدٍ مَّيِّتٍ فَأَحْيَيْنَا بِهِ الْأَرْضَ بَعْدَ مَوْتِهَا كَذَٰلِكَ النُّشُورُ ٩

9. ਅਤੇ ਅੱਲਾਹ ਹੀ ਉਹਨਾਂ ਹਵਾਵਾਂ ਨੂੰ ਭੇਜਦਾ ਹੈ ਜਿਹੜੀਆਂ ਬੱਦਲਾਂ ਨੂੰ ਚੁੱਕਦੀਆਂ ਹਨ, ਫੇਰ ਅਸੀਂ ਉਹਨਾਂ ਬੱਦਲਾਂ ਨੂੰ ਮੁਰਦਾ (ਬੰਜਰ) ਧਰਤੀ ਵੱਲ ਭੇਜਦੇ ਹਾਂ ਅਤੇ ਇਹਨਾਂ (ਬੱਦਲਾਂ) ਰਾਹੀਂ ਉਸੇ ਧਰਤੀ ਨੂੰ ਉਸ ਦੀ ਮੌਤ (ਉਜਾੜ) ਤੋਂ ਮਗਰੋਂ ਜਿਊਂਦਾ (ਉਪਜਾਊ) ਕਰ ਦਿੰਦੇ ਹਾਂ। ਇਸੇ ਪ੍ਰਕਾਰ (ਤੁਸੀਂ ਸਭ ਨੇ ਵੀ ਕਿਆਮਤ ਦਿਹਾੜੇ) ਮੁੜ ਜਿਊਂਦਾ ਹੋਣਾ ਹੈ।

مَن كَانَ يُرِيدُ الْعِزَّةَ فَلِلَّهِ الْعِزَّةُ جَمِيعًا ۚ
إِلَيْهِ يَصْعَدُ الْكَلِمُ الطَّيِّبُ وَالْعَمَلُ الصَّالِحُ
يَرْفَعُهُ ۚ وَالَّذِينَ يَمْكُرُونَ السَّيِّئَاتِ لَهُمْ عَذَابٌ
شَدِيدٌ ۖ وَمَكْرُ أُولَٰئِكَ هُوَ يَبُورُ ﴿10﴾

10. ਜੋ ਵਿਅਕਤੀ ਮਾਨ-ਸਨਮਾਨ ਚਾਹੁੰਦਾ ਹੈ (ਤਾਂ ਉਸ ਨੂੰ ਪਤਾ ਹੋਣਾ ਚਾਹੀਦਾ ਹੈ ਕਿ) ਆਦਰ ਸਤਿਕਾਰ ਤਾਂ ਸਾਰਾ ਦਾ ਸਾਰਾ ਅੱਲਾਹ ਲਈ ਹੀ ਹੈ, ਸਾਰੇ ਪਵਿੱਤਰ ਸ਼ਬਦ ਉਸੇ ਵੱਲ ਚੜ੍ਹਦੇ ਹਨ ਅਤੇ ਨੇਕ ਕਰਮ ਉਹਨਾਂ (ਸ਼ਬਦਾਂ) ਉਤਾਂਹ ਚੁੱਕ ਲੈ ਜਾਂਦੇ ਹਨ। ਜਿਹੜੇ ਲੋਕ ਭੈੜੀਆਂ ਚਾਲਾਂ ਚਲਦੇ ਹਨ ਉਹਨਾਂ ਲਈ ਕਰੜਾ ਅਜ਼ਾਬ ਹੈ ਅਤੇ ਉਹਨਾਂ ਦੀਆਂ ਸਾਰੀਆਂ ਚਾਲਾਂ ਆਪੇ ਨਸ਼ਟ ਹੋ ਜਾਣਗੀਆਂ।

وَاللَّهُ خَلَقَكُم مِّن تُرَابٍ ثُمَّ مِن نُّطْفَةٍ ثُمَّ جَعَلَكُمْ
أَزْوَاجًا ۚ وَمَا تَحْمِلُ مِنْ أُنثَىٰ وَلَا تَضَعُ إِلَّا
بِعِلْمِهِ ۚ وَمَا يُعَمَّرُ مِن مُّعَمَّرٍ وَلَا يُنقَصُ مِنْ
عُمُرِهِ إِلَّا فِي كِتَابٍ ۚ إِنَّ ذَٰلِكَ عَلَى اللَّهِ يَسِيرٌ ﴿11﴾

11. (ਲੋਕੋ) ਅੱਲਾਹ ਨੇ ਹੀ ਤੁਹਾਨੂੰ ਮਿੱਟੀ ਤੋਂ ਪੈਦਾ ਕੀਤਾ ਫੇਰ ਵੀਰਜ ਤੋਂ (ਪੈਦਾ ਕੀਤਾ) ਫੇਰ ਤੁਹਾਡੇ ਜੋੜੇ (ਪਤੀ ਪਤਨੀ) ਬਣਾਏ ਅਤੇ ਜਿਹੜੀ ਵੀ ਇਸਤਰੀ ਗਰਭਵਤੀ ਹੁੰਦੀ ਹੈ ਤੇ ਬੱਚਾ ਜਣਦੀ ਹੈ, ਅੱਲਾਹ ਨੂੰ ਉਸ ਦਾ ਗਿਆਨ ਹੁੰਦਾ ਹੈ ਅਤੇ ਜੇ ਕਿਸੇ ਦੀ ਆਯੂ ਵਿਚ ਵਾਧਾ ਕੀਤਾ ਜਾਂਦਾ ਹੈ ਜਾਂ ਕਿਸੇ ਦੀ ਆਯੂ ਘਟਾਈ ਜਾਂਦੀ ਹੈ ਤਾਂ ਇਹ ਸਾਰੀਆਂ ਗੱਲਾਂ ਇਕ ਕਿਤਾਬ (ਲੌਹੇ-ਮਹਫ਼ੂਜ਼) ਵਿਚ ਲਿਖੀਆਂ ਹੋਈਆਂ ਹਨ। ਬੇਸ਼ੱਕ ਅੱਲਾਹ ਲਈ ਇਹ ਸਭ ਕਰਨਾ ਬਹੁਤ ਹੀ ਸੌਖਾ ਹੈ।

وَمَا يَسْتَوِي الْبَحْرَانِ هَٰذَا عَذْبٌ فُرَاتٌ سَائِغٌ
شَرَابُهُ وَهَٰذَا مِلْحٌ أُجَاجٌ ۖ وَمِن كُلٍّ تَأْكُلُونَ
لَحْمًا طَرِيًّا وَتَسْتَخْرِجُونَ حِلْيَةً تَلْبَسُونَهَا ۖ وَتَرَى
الْفُلْكَ فِيهِ مَوَاخِرَ لِتَبْتَغُوا مِن فَضْلِهِ وَلَعَلَّكُمْ
تَشْكُرُونَ ﴿12﴾

12. ਅਤੇ ਦੋ ਦਰਿਆਵਾਂ ਵਿਚ ਇਕ ਦਾ ਪਾਣੀ ਮਿੱਠਾ ਹੈ, ਪੀਣ ਵਿਚ ਸੁਆਦੀ ਹੈ ਅਤੇ ਦੂਜਾ ਖਾਰਾ ਹੈ ਅਤੇ ਕੌੜਾ ਹੈ। (ਹੇ ਲੋਕੋ !) ਤੁਸੀਂ ਉਹਨਾਂ ਦੋਹਾਂ ਦਰਿਆਵਾਂ ਵਿੱਚੋਂ ਤਾਜ਼ਾ ਮਾਸ (ਮੱਛੀਆਂ ਆਦਿ) ਖਾਂਦੇ ਹੋ ਅਤੇ ਗਹਿਣਿਆਂ ਦੀ ਸਮੱਗਰੀ (ਮੋਤੀ ਹੀਰੇ) ਕੱਢਦੇ ਹੋ, ਜਿਨ੍ਹਾਂ ਨੂੰ ਤੁਸੀਂ ਪਹਿਣਦੇ ਹੋ। ਤੁਸੀਂ (ਦਰਿਆਵਾਂ ਵਿਚ) ਪਾਣੀ ਨੂੰ ਚੀਰਦੀਆਂ ਹੋਈਆਂ ਵੱਡੀਆਂ-ਵੱਡੀਆਂ ਬੇੜੀਆਂ ਤੁਰਦੀਆਂ ਵੇਖਦੇ ਹੋ ਤਾਂ ਜੋ ਤੁਸੀਂ ਅੱਲਾਹ ਦੀ ਕ੍ਰਿਪਾਲਤਾ (ਰੋਜ਼ੀ) ਉਹਨਾਂ (ਦਰਿਆਵਾਂ) ਵਿੱਚੋਂ ਲੱਭੋ ਅਤੇ ਤੁਸੀਂ ਉਸ ਦੇ ਧੰਨਵਾਦੀ ਹੋਵੋ।

13. ਉਹ (ਅੱਲਾਹ) ਰਾਤ ਨੂੰ ਦਿਨ ਵਿਚ ਅਤੇ ਦਿਨ ਨੂੰ ਰਾਤ ਵਿਚ ਦਾਖ਼ਿਲ ਕਰਦਾ ਹੈ ਅਤੇ ਸੂਰਜ ਤੇ ਚੰਨ ਨੂੰ ਉਸੇ ਨੇ ਕੰਮ ਲਾ ਰੱਖਿਆ ਹੈ। ਹਰੇਕ ਆਪਣੇ ਨਿਯਤ ਸਮੇਂ ਤੀਕ ਲਈ ਚੱਲ ਰਿਹਾ ਹੈ। ਉਹੀਓ ਅੱਲਾਹ ਤੁਹਾਡਾ ਸਭ ਦਾ ਪਾਲਣਹਾਰ ਹੈ, ਪਾਤਸ਼ਾਹੀ ਉਸੇ ਦੀ ਹੈ। ਜਿਨ੍ਹਾਂ ਨੂੰ ਤੁਸੀਂ ਉਸ ਅੱਲਾਹ ਨੂੰ ਛੱਡ ਕੇ ਬੇਨਤੀਆਂ ਕਰਦੇ ਹੋ ਉਹ ਤਾਂ ਖਜੂਰ ਦੇ ਛਿਲਕੇ ਜਿੰਨਾ ਵੀ ਅਧਿਕਾਰ ਨਹੀਂ ਰੱਖਦੇ।

يُولِجُ الَّيْلَ فِي النَّهَارِ وَيُولِجُ النَّهَارَ فِي الَّيْلِ وَ
سَخَّرَ الشَّمْسَ وَالْقَمَرَ كُلٌّ يَجْرِي لِأَجَلٍ مُّسَمًّى
ذَٰلِكُمُ اللَّهُ رَبُّكُمْ لَهُ الْمُلْكُ وَالَّذِينَ تَدْعُونَ
مِن دُونِهِ مَا يَمْلِكُونَ مِن قِطْمِيرٍ ١٣

14. ਜੇ ਤੁਸੀਂ ਉਹਨਾਂ (ਝੂਠੇ ਇਸ਼ਟਾਂ) ਨੂੰ ਸੱਦੋ ਤਾਂ ਉਹ ਤੁਹਾਡੀਆਂ ਬੇਨਤੀਆਂ ਨਹੀਂ ਸੁਣਦੇ, ਜੇ ਭਲਾ ਸੁਣ ਵੀ ਲੈਣ ਤਾਂ ਉਹ (ਤੁਹਾਡੀ ਬੇਨਤੀਆਂ ਦਾ) ਜਵਾਬ ਨਹੀਂ ਦੇ ਸਕਦੇ, ਸਗੋਂ ਕਿਆਮਤ ਵੇਲੇ ਉਹ ਤੁਹਾਡੇ ਇਸ ਸ਼ਿਰਕ ਦਾ ਇਨਕਾਰ ਕਰ ਦੇਣਗੇ।[1] ਅੱਲਾਹ ਵਰਗੇ ਜਾਣਕਾਰ ਤੋਂ ਛੁੱਟ ਤੁਹਾਨੂੰ ਕੋਈ ਵੀ (ਉਹਨਾਂ ਮੁਸ਼ਰਿਕਾਂ ਦੇ ਹਾਲ ਦੀ ਸੂਚਨਾ) ਨਹੀਂ ਦੇਵੇਗਾ।

إِن تَدْعُوهُمْ لَا يَسْمَعُوا دُعَاءَكُمْ وَلَوْ سَمِعُوا
مَا اسْتَجَابُوا لَكُمْ وَيَوْمَ الْقِيَامَةِ يَكْفُرُونَ
بِشِرْكِكُمْ وَلَا يُنَبِّئُكَ مِثْلُ خَبِيرٍ ١٤

15. ਹੇ ਲੋਕੋ! ਤੁਸੀਂ ਹੀ ਅੱਲਾਹ ਦੇ ਮੁਥਾਜ ਹੋ ਜਦ ਕਿ ਅੱਲਾਹ ਤਾਂ ਹਰ ਚੀਜ਼ ਤੋਂ ਬੇਪਰਵਾਹ ਹੈ ਤੇ ਸਭ ਸਿਫ਼ਤਾਂ ਉਸੇ ਲਈ ਹਨ।

يَا أَيُّهَا النَّاسُ أَنتُمُ الْفُقَرَاءُ إِلَى اللَّهِ وَاللَّهُ
هُوَ الْغَنِيُّ الْحَمِيدُ ١٥

16. ਜੇ ਉਹ ਚਾਹੇ ਤਾਂ ਤੁਹਾਨੂੰ ਖ਼ਤਮ ਕਰਕੇ (ਤੁਹਾਡੀ ਥਾਂ) ਇਕ ਨਵੀਂ ਮਖ਼ਲੂਕ ਪੈਦਾ ਕਰ ਦੇਵੇ।

إِن يَشَأْ يُذْهِبْكُمْ وَيَأْتِ بِخَلْقٍ جَدِيدٍ ١٦

17. ਅਤੇ ਇੰਜ ਕਰਨਾ ਅੱਲਾਹ ਲਈ ਕੋਈ ਔਖਾ ਕੰਮ ਨਹੀਂ।

وَمَا ذَٰلِكَ عَلَى اللَّهِ بِعَزِيزٍ ١٧

18. ਯਾਦ ਰੱਖੋ ਕਿ (ਕਿਆਮਤ ਦਿਹਾੜੇ) ਕੋਈ ਵੀ ਵਿਅਕਤੀ ਕਿਸੇ ਦੂਜੇ ਦੇ (ਗੁਨਾਹਾਂ ਦਾ) ਭਾਰ ਨਹੀਂ ਚੁੱਕੇਗਾ ਅਤੇ ਜੇ ਕੋਈ (ਆਪਣੇ ਗੁਨਾਹਾਂ ਦੇ) ਭਾਰ ਤੋਂ ਲੱਦਿਆ ਹੋਇਆ ਵਿਅਕਤੀ ਆਪਣਾ ਭਾਰ ਵੰਡਾਉਣ ਲਈ ਕਿਸੇ ਨੂੰ ਸੱਦੇਗਾ ਤਾਂ ਉਸ ਦੇ ਭਾਰ ਵਿੱਚੋਂ ਕੁੱਝ ਵੀ ਚੁੱਕ ਨਹੀਂ ਸਕੇਗਾ, ਭਾਵੇਂ ਉਹ ਕੋਈ ਸਕਾ ਸੰਬੰਧੀ

وَلَا تَزِرُ وَازِرَةٌ وِزْرَ أُخْرَىٰ وَإِن تَدْعُ مُثْقَلَةٌ
إِلَىٰ حِمْلِهَا لَا يُحْمَلْ مِنْهُ شَيْءٌ وَلَوْ كَانَ ذَا قُرْبَىٰ
إِنَّمَا تُنذِرُ الَّذِينَ يَخْشَوْنَ رَبَّهُم بِالْغَيْبِ وَأَقَامُوا
الصَّلَاةَ وَمَن تَزَكَّىٰ فَإِنَّمَا يَتَزَكَّىٰ لِنَفْسِهِ
وَإِلَى اللَّهِ الْمَصِيرُ ١٨

1 ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 166/2

ਹੀ ਕਿਉਂ ਨਾ ਹੋਵੇ। (ਹੇ ਨਬੀ!) ਤੁਸੀਂ ਕੇਵਲ ਉਹਨਾਂ ਨੂੰ ਹੀ ਸਾਵਧਾਨ ਕਰ ਸਕਦੇ ਹੋ ਜਿਹੜੇ ਲੋਕੀ ਆਪਣੇ ਰੱਬ ਤੋਂ ਬਿਨਾਂ ਵੇਖੇ ਹੀ ਡਰਦੇ ਹਨ ਅਤੇ ਨਮਾਜ਼ਾਂ ਦੀ ਪਾਬੰਦੀ ਕਰਦੇ ਹਨ। ਜਿਹੜਾ ਵੀ ਕੋਈ (ਗੁਨਾਹਾਂ ਤੋਂ) ਪਾਕ ਸਾਫ਼ ਬਚ ਕੇ ਰਹਿੰਦਾ ਹੈ ਉਹ ਆਪਣੇ ਲਈ ਹੀ ਪਵਿੱਤਰਤਾ ਧਾਰਨ ਕਰਦਾ ਹੈ, ਕਿਉਂ ਜੋ ਪਰਤਣਾ ਤਾਂ ਸਾਰਿਆਂ ਨੇ ਅੱਲਾਹ ਵੱਲ ਹੀ ਹੈ।

19. ਅੰਨ੍ਹਾ ਤੇ ਸੁਜਾਖਾ ਇੱਕੋ ਜਿਹੇ ਨਹੀਂ ਹੁੰਦੇ।

وَمَا يَسْتَوِي الْأَعْمَىٰ وَالْبَصِيرُ ﴿١٩﴾

20 ਨਾ ਹੀ ਹਨੇਰੇ ਤੇ ਚਾਨਣ ਇਕ ਸਮਾਨ ਹਨ।

وَلَا الظُّلُمَاتُ وَلَا النُّورُ ﴿٢٠﴾

21. ਤੇ ਨਾ ਹੀ ਧੁੱਪ ਤੇ ਛਾਂ ਇਕ ਬਰਾਬਰ ਹੈ।

وَلَا الظِّلُّ وَلَا الْحَرُورُ ﴿٢١﴾

22. ਨਾ ਹੀ ਜਿਉਂਦੇ ਤੇ ਮੁਰਦੇ ਇਕ ਸਮਾਨ ਹੋ ਸਕਦੇ ਹਨ। ਬੇਸ਼ੱਕ ਅੱਲਾਹ ਜਿਸ ਨੂੰ ਚਾਹੁੰਦਾ ਹੈ (ਉਸੇ ਨੂੰ ਚੰਗੀਆਂ ਗੱਲਾਂ) ਸੁਣਵਾਉਂਦਾ ਹੈ ਅਤੇ (ਹੇ ਨਬੀ!) ਤੁਸੀਂ ਉਹਨਾਂ ਲੋਕਾਂ ਨੂੰ ਨਹੀਂ ਸੁਣਾ ਸਕਦੇ ਜਿਹੜੇ ਕਬਰਾਂ ਵਿਚ ਹਨ।

وَمَا يَسْتَوِي الْأَحْيَاءُ وَلَا الْأَمْوَاتُ ۚ إِنَّ اللَّهَ يُسْمِعُ
مَنْ يَشَاءُ ۖ وَمَا أَنْتَ بِمُسْمِعٍ مَنْ فِي الْقُبُورِ ﴿٢٢﴾

23. (ਹੇ ਮੁਹੰਮਦ ਸ:!) ਤੁਸੀਂ ਤਾਂ ਕੇਵਲ (ਨਰਕ ਤੋਂ) ਸਾਵਧਾਨ ਕਰਨ ਵਾਲੇ ਹੋ।

إِنْ أَنْتَ إِلَّا نَذِيرٌ ﴿٢٣﴾

24. ਬੇਸ਼ੱਕ ਅਸੀਂ ਹੀ ਤੁਹਾਨੂੰ ਹੱਕ (ਕੁਰਆਨ) ਨਾਲ ਖ਼ੁਸ਼ਖ਼ਬਰੀਆਂ ਸੁਣਾਉਣ ਵਾਲਾ ਤੇ ਡਰਾਉਣ ਵਾਲਾ ਬਣਾ ਕੇ ਭੇਜਿਆ ਹੈ ਤੇ ਕੋਈ ਵੀ ਅਜਿਹੀ ਉੱਮਤ ਨਹੀਂ ਹੋਈ ਜਿਸ ਵਿਚ ਕੋਈ ਡਰਾਉਣ ਵਾਲਾ ਨਾ ਆਇਆ ਹੋਵੇ।

إِنَّا أَرْسَلْنَاكَ بِالْحَقِّ بَشِيرًا وَنَذِيرًا ۚ وَإِنْ مِنْ أُمَّةٍ
إِلَّا خَلَا فِيهَا نَذِيرٌ ﴿٢٤﴾

25. (ਹੇ ਮੁਹੰਮਦ!) ਜੇ ਇਹ (ਮੱਕੇ ਦੇ) ਲੋਕ ਤੁਹਾਨੂੰ ਝੁਠਲਾਉਂਦੇ ਹਨ ਤਾਂ ਉਹਨਾਂ ਲੋਕਾਂ ਨੇ ਵੀ ਤਾਂ (ਪੈਗ਼ੰਬਰਾਂ ਨੂੰ) ਝੁਠਲਾਇਆ ਸੀ ਜਿਹੜੇ ਇਹਨਾਂ ਤੋਂ ਪਹਿਲਾਂ ਬੀਤ ਚੁੱਕੇ ਹਨ, ਜਦ ਕਿ ਉਹਨਾਂ ਦੇ ਕੋਲ

وَإِنْ يُكَذِّبُوكَ فَقَدْ كَذَّبَ الَّذِينَ مِنْ قَبْلِهِمْ
جَاءَتْهُمْ رُسُلُهُمْ بِالْبَيِّنَاتِ وَبِالزُّبُرِ وَبِالْكِتَابِ
الْمُنِيرِ ﴿٢٥﴾

ਉਹਨਾਂ ਦੇ ਰਸੂਲ ਖੁੱਲ੍ਹੀਆਂ ਨਿਸ਼ਾਨੀਆਂ ਤੇ ਚਾਨਣ ਵਿਖਾਉਣ ਵਾਲੀਆਂ ਕਿਤਾਬਾਂ ਲੈ ਕੇ ਆਏ ਸਨ।

26. ਫੇਰ ਅਸੀਂ ਉਹਨਾਂ ਸਾਰੇ ਕਾਫ਼ਿਰਾਂ ਨੂੰ (ਅਜ਼ਾਬ ਵਿਚ) ਫੜ ਲਿਆ, ਫੇਰ ਵੇਖੋ ਮੇਰਾ ਅਜ਼ਾਬ ਕਿਹੋ ਜਿਹਾ ਸੀ।

ثُمَّ أَخَذْتُ الَّذِينَ كَفَرُوا فَكَيْفَ كَانَ نَكِيرِ 26

27. ਕੀ ਤੁਸੀਂ (ਹੇ ਲੋਕੋ!) ਵੇਖਦੇ ਨਹੀਂ ਕਿ ਬੇਸ਼ੱਕ ਅੱਲਾਹ ਨੇ ਅਕਾਸ਼ ਤੋਂ ਪਾਣੀ ਬਰਸਾਇਆ, ਫੇਰ ਅਸੀਂ ਉਸੇ ਰਾਹੀਂ ਭਾਂਤ-ਭਾਂਤ ਰੰਗਾਂ ਦੇ ਫਲ ਉਗਾਏ ਅਤੇ ਪਹਾੜਾਂ ਵਿਚ ਵੀ ਲਾਲ ਤੇ ਚਿੱਟੀਆਂ ਘਾਟੀਆਂ ਹਨ। ਉਹਨਾਂ ਦੇ ਵੱਖੋ-ਵੱਖ ਰੰਗ ਹਨ ਅਤੇ ਕਾਲੇ ਸਿਆਹ ਵੀ ਹਨ।

أَلَمْ تَرَ أَنَّ اللَّهَ أَنزَلَ مِنَ السَّمَاءِ مَاءً فَأَخْرَجْنَا
بِهِ ثَمَرَاتٍ مُّخْتَلِفًا أَلْوَانُهَا وَمِنَ الْجِبَالِ جُدَدٌ
بِيضٌ وَحُمْرٌ مُّخْتَلِفٌ أَلْوَانُهَا وَغَرَابِيبُ سُودٌ 27

28. ਇਸੇ ਪ੍ਰਕਾਰ ਮਨੁੱਖਾਂ, ਜਾਨਵਰਾਂ ਤੇ ਪਸ਼ੂਆਂ ਦੇ ਰੰਗ ਵੀ ਵੱਖੋ ਵੱਖ ਹੁੰਦੇ ਹਨ। ਸੋ ਅੱਲਾਹ ਤੋਂ ਉਸ ਦੇ ਬੰਦਿਆਂ ਵਿੱਚੋਂ ਉਹੀਓ ਡਰਦੇ ਹਨ, ਜਿਹੜੇ ਗਿਆਨ ਰੱਖਦੇ ਹਨ। ਬੇਸ਼ੱਕ ਅੱਲਾਹ ਜ਼ੋਰਾਵਰ ਤੇ ਬਖ਼ਸ਼ਣਹਾਰ ਹੈ।

وَمِنَ النَّاسِ وَالدَّوَابِّ وَالْأَنْعَامِ مُخْتَلِفٌ أَلْوَانُهُ
كَذَٰلِكَ إِنَّمَا يَخْشَى اللَّهَ مِنْ عِبَادِهِ الْعُلَمَاءُ
إِنَّ اللَّهَ عَزِيزٌ غَفُورٌ 28

29. ਜਿਹੜੇ ਲੋਕੀ ਅੱਲਾਹ ਦੀ ਕਿਤਾਬ (ਕੁਰਆਨ) ਦਾ ਪਾਠ ਕਰਦੇ ਹਨ ਅਤੇ ਨਮਾਜ਼ਾਂ ਦੀ ਪਾਬੰਦੀ ਕਰਦੇ ਹਨ ਅਤੇ ਜੋ ਵੀ ਅਸੀਂ ਉਹਨਾਂ ਨੂੰ (ਮਾਲ) ਦਿੱਤਾ ਹੈ ਉਸ ਵਿੱਚੋਂ ਗੁਪਤ ਰੂਪ ਵਿਚ ਜਾਂ (ਲੋੜ ਪੈਣ 'ਤੇ) ਐਲਾਨੀਆ ਖ਼ਰਚ ਕਰਦੇ ਹਨ, ਉਹ ਲੋਕ ਅਜਿਹੇ ਵਣਜ-ਵਪਾਰ ਦੇ ਆਸਵੰਦ ਹਨ, ਜਿਸ ਵਿਚ ਕੋਈ ਘਾਟਾ ਵੀ ਨਹੀਂ।

إِنَّ الَّذِينَ يَتْلُونَ كِتَابَ اللَّهِ وَأَقَامُوا الصَّلَاةَ
وَأَنفَقُوا مِمَّا رَزَقْنَاهُمْ سِرًّا وَعَلَانِيَةً يَرْجُونَ
تِجَارَةً لَّن تَبُورَ 29

30. (ਉਹ ਇਹ ਵਪਾਰ ਇਸ ਲਈ ਕਰਦੇ ਹਨ) ਤਾਂ ਜੋ ਅੱਲਾਹ ਉਹਨਾਂ ਨੂੰ ਉਨ੍ਹਾਂ ਦੀ ਮਿਹਨਤ ਦਾ ਪੂਰਾ-ਪੂਰਾ ਬਦਲਾ ਦੇਵੇ ਅਤੇ ਆਪਣੀ ਕ੍ਰਿਪਾ ਨਾਲ ਉਹਨਾਂ ਨੂੰ ਹੋਰ ਵੀ ਵਧੇਰਾ ਬਖ਼ਸ਼ੇ। ਬੇਸ਼ੱਕ

لِيُوَفِّيَهُمْ أُجُورَهُمْ وَيَزِيدَهُم مِّن فَضْلِهِ إِنَّهُ
غَفُورٌ شَكُورٌ 30

ਉਹ (ਅੱਲਾਹ) ਵੱਡਾ ਬਖ਼ਸ਼ਣਹਾਰ ਤੇ (ਪਰਹੇਜ਼ਗਾਰਾਂ ਦਾ) ਕਦਰਦਾਨ ਹੈ।

وَالَّذِي أَوْحَيْنَا إِلَيْكَ مِنَ الْكِتَابِ هُوَ الْحَقُّ مُصَدِّقًا لِمَا بَيْنَ يَدَيْهِ ۗ إِنَّ اللَّهَ بِعِبَادِهِ لَخَبِيرٌ بَصِيرٌ ٣١

31 (ਹੇ ਨਬੀ!) ਅਸਾਂ ਜਿਹੜੀ ਕਿਤਾਬ (ਕੁਰਆਨ) ਤੁਹਾਡੇ ਵੱਲ ਵਹੀ ਰਾਹੀਂ ਭੇਜੀ ਹੈ, ਉਹ ਬਿਲਕੁਲ ਸੱਚ ਹੈ। ਜਦ ਕਿ ਇਹ ਆਪਣੇ ਤੋਂ ਪਹਿਲਾਂ ਦੀਆਂ ਕਿਤਾਬਾਂ ਦੀ ਵੀ ਪੁਸ਼ਟੀ ਕਰਨ ਵਾਲੀ ਹੈ। ਬੇਸ਼ੱਕ ਅੱਲਾਹ ਆਪਣੇ ਬੰਦਿਆਂ ਦੀ ਪੂਰੀ ਖ਼ਬਰ ਰੱਖਦਾ ਹੈ ਅਤੇ ਹਰੇਕ ਚੀਜ਼ 'ਤੇ ਨਜ਼ਰ ਰੱਖਣ ਵਾਲਾ ਹੈ।

ثُمَّ أَوْرَثْنَا الْكِتَابَ الَّذِينَ اصْطَفَيْنَا مِنْ عِبَادِنَا ۖ فَمِنْهُمْ ظَالِمٌ لِنَفْسِهِ وَمِنْهُمْ مُقْتَصِدٌ وَمِنْهُمْ سَابِقٌ بِالْخَيْرَاتِ بِإِذْنِ اللَّهِ ۚ ذَٰلِكَ هُوَ الْفَضْلُ الْكَبِيرُ ٣٢

32 ਅਸੀਂ ਉਹਨਾਂ ਲੋਕਾਂ ਨੂੰ ਕਿਤਾਬ ਦਾ ਵਾਰਸ ਬਣਾਇਆ, ਜਿਨ੍ਹਾਂ ਨੂੰ ਅਸੀਂ ਆਪਣੇ ਬੰਦਿਆਂ ਵਿੱਚੋਂ (ਉਚਿਤ ਸਮਝਿਆ) ਚੁਣ ਲਿਆ, ਫੇਰ ਉਹਨਾਂ ਲੋਕਾਂ ਵਿੱਚੋਂ ਕੁੱਝ ਤਾਂ ਆਪਣੇ ਆਪ 'ਤੇ ਹੀ ਜ਼ੁਲਮ ਕਰਨ ਲੱਗ ਪਏ (ਭਾਵ ਅੱਲਾਹ ਦੇ ਹੁਕਮਾਂ ਦੀ ਉਲੰਘਣਾ ਕਰਨ ਲਗ ਪਏ) ਅਤੇ ਕੁੱਝ ਉਹਨਾਂ ਵਿੱਚੋਂ ਵਿਚਕਾਰਲੀ ਰਾਹ (ਕੁੱਝ ਹੁਕਮਾਂ ਦੀ ਆਗਿਆਕਾਰੀ ਤੇ ਕੁੱਝ ਹੁਕਮਾਂ ਦੀ ਉਲੰਘਣਾ ਦੀ ਨੀਤੀ) ਅਪਣਾਈ ਅਤੇ ਕੁੱਝ ਉਹਨਾਂ ਵਿੱਚੋਂ ਅੱਲਾਹ ਦੀ ਕ੍ਰਿਪਾ ਨਾਲ ਨੇਕੀਆਂ ਵਿਚ ਵਧਦੇ ਗਏ, ਇਹੋ ਸਭ ਤੋਂ ਵੱਡੀ ਕ੍ਰਿਪਾਲਤਾ ਹੈ।

جَنَّاتُ عَدْنٍ يَدْخُلُونَهَا يُحَلَّوْنَ فِيهَا مِنْ أَسَاوِرَ مِنْ ذَهَبٍ وَلُؤْلُؤًا ۖ وَلِبَاسُهُمْ فِيهَا حَرِيرٌ ٣٣

33. ਜਿਨ੍ਹਾਂ ਬਾਗ਼ਾਂ ਵਿਚ ਉਹ ਪ੍ਰਵੇਸ਼ ਕਰਨਗੇ ਉਹ ਸਦੀਵੀਂ ਹਨ ਉੱਥੇ ਉਹਨਾਂ ਨੂੰ ਸੋਨੇ ਦੇ ਕੰਗਣਾਂ ਤੇ ਮੋਤੀਆਂ ਨਾਲ ਸ਼ਿੰਗਾਰਿਆ ਜਾਵੇਗਾ ਅਤੇ ਉੱਥੇ ਉਹਨਾਂ ਦੇ ਵਸਤਰ ਰੇਸ਼ਮ ਦੇ ਹੋਣਗੇ।

وَقَالُوا الْحَمْدُ لِلَّهِ الَّذِي أَذْهَبَ عَنَّا الْحَزَنَ ۖ إِنَّ رَبَّنَا لَغَفُورٌ شَكُورٌ ٣٤

34 ਅਤੇ ਉਹ ਆਖਣਗੇ ਕਿ ਅੱਲਾਹ ਦਾ (ਲੱਖ-ਲੱਖ) ਸ਼ੁਕਰ ਹੈ ਜਿਸ ਨੇ ਸਾਥੋਂ (ਨਰਕ ਦੀ) ਚਿੰਤਾ ਦੂਰ ਕੀਤੀ। ਬੇਸ਼ੱਕ ਸਾਡਾ ਪਾਲਣਹਾਰ ਬਹੁਤ ਹੀ ਵੱਡਾ ਬਖ਼ਸ਼ਣਹਾਰ ਹੈ ਅਤੇ (ਨੇਕੀਆਂ ਦੀ) ਕਦਰ ਕਰਨ ਵਾਲਾ ਹੈ।

الَّذِيٓ أَحَلَّنَا دَارَ الْمُقَامَةِ مِن فَضْلِهِۦ لَا يَمَسُّنَا فِيهَا نَصَبٌ وَلَا يَمَسُّنَا فِيهَا لُغُوبٌ ﴿٣٥﴾

35. ਅਤੇ ਆਖਣਗੇ ਕਿ (ਧੰਨਵਾਦ ਉਸ ਦਾ) ਜਿਸ ਨੇ ਆਪਣੀ ਮਿਹਰਬਾਨੀਆਂ ਨਾਲ ਸਾਨੂੰ ਸਦੀਵੀ ਨਿਵਾਸ ਸਥਾਨ ਦਿੱਤਾ ਜਿੱਥੇ ਸਾਨੂੰ ਨਾ ਤਾਂ ਕੋਈ ਕੱਸ਼ਟ ਹੈ ਅਤੇ ਨਾ ਹੀ ਕੋਈ ਥਕੇਵਾਂ।

وَالَّذِينَ كَفَرُوا لَهُمْ نَارُ جَهَنَّمَ لَا يُقْضَىٰ عَلَيْهِمْ فَيَمُوتُوا وَلَا يُخَفَّفُ عَنْهُم مِّنْ عَذَابِهَا ۚ كَذَٰلِكَ نَجْزِي كُلَّ كَفُورٍ ﴿٣٦﴾

36 ਜਿਨ੍ਹਾਂ ਨੇ (ਪੈਗ਼ੰਬਰਾਂ ਦੀਆਂ ਗੱਲਾਂ ਦਾ) ਇਨਕਾਰ ਕੀਤਾ ਸੀ ਉਹਨਾਂ ਲਈ ਨਰਕ ਦੀ ਅੱਗ ਹੋਵੇਗੀ ਫੇਰ ਨਾ ਉਹਨਾਂ ਨੂੰ ਮੌਤ ਆਵੇਗੀ ਕਿ ਮਰ ਹੀ ਜਾਣ ਅਤੇ ਨਾ ਹੀ ਨਰਕ ਦੇ ਅਜ਼ਾਬ ਵਿਚ ਕੋਈ ਕਟੌਤੀ ਕੀਤੀ ਜਾਵੇਗੀ। ਅਸੀਂ ਕਾਫ਼ਿਰਾਂ ਨੂੰ ਇਸ ਪ੍ਰਕਾਰ ਹੀ ਸਜ਼ਾ ਦਿੰਦੇ ਹਾਂ।

وَهُمْ يَصْطَرِخُونَ فِيهَا رَبَّنَآ أَخْرِجْنَا نَعْمَلْ صَالِحًا غَيْرَ الَّذِي كُنَّا نَعْمَلُ ۚ أَوَلَمْ نُعَمِّرْكُم مَّا يَتَذَكَّرُ فِيهِ مَن تَذَكَّرَ وَجَآءَكُمُ النَّذِيرُ ۖ فَذُوقُوا فَمَا لِلظَّالِمِينَ مِن نَّصِيرٍ ﴿٣٧﴾

37 ਅਤੇ ਉਹ (ਕਾਫ਼ਿਰ) ਉਸ (ਨਰਕ) ਵਿੱਚੋਂ ਚੀਕਾਂ ਮਾਰ-ਮਾਰ ਕੇ ਆਖਣਗੇ ਕਿ ਹੇ ਸਾਡੇ ਰੱਬਾ! ਸਾਨੂੰ ਇੱਥੋਂ ਕੱਢ ਲੈ, (ਹੁਣ) ਅਸੀਂ ਚੰਗੇ ਕੰਮ ਕਰਾਂਗੇ ਨਾ ਕਿ ਉਹ ਜਿਹੜੇ ਕੰਮ ਅਸੀਂ ਪਹਿਲਾਂ ਕਰਿਆ ਕਰਦੇ ਸੀ। (ਅੱਲਾਹ ਪੁੱਛੇਗਾ) ਕੀ ਅਸੀਂ ਤੁਹਾਨੂੰ ਇੰਨੀ ਉਮਰ ਨਹੀਂ ਦਿੱਤੀ ਸੀ ਕਿ ਜਿਸ ਵਿਚ ਜੇ ਕੋਈ ਕੁੱਝ ਸਿੱਖਿਆ ਪ੍ਰਾਪਤ ਕਰਨਾ ਚਾਹੁੰਦਾ ਤਾਂ ਉਹ ਕਰ ਸਕਦਾ ਸੀ? ਅਤੇ ਤੁਹਾਡੇ ਕੋਲ ਇਕ ਚਿਤਾਵਨੀ ਦੇਣ ਵਾਲਾ (ਪੈਗ਼ੰਬਰ) ਵੀ ਆਇਆ ਸੀ। ਹੁਣ ਤੁਸੀਂ (ਅੱਗ ਦਾ) ਸੁਆਦ ਲਵੋ। ਜ਼ਾਲਮਾਂ ਦਾ ਇੱਥੇ ਕੋਈ ਵੀ ਸਹਾਇਕ ਨਹੀਂ।

إِنَّ اللَّهَ عَالِمُ غَيْبِ السَّمَاوَاتِ وَالْأَرْضِ ۚ إِنَّهُۥ عَلِيمٌۢ بِذَاتِ الصُّدُورِ ﴿٣٨﴾

38. ਬੇਸ਼ੱਕ ਅਕਾਸ਼ਾਂ ਤੇ ਧਰਤੀ ਦੀਆਂ ਗੁਪਤ ਗੱਲਾਂ ਨੂੰ ਅੱਲਾਹ ਹੀ ਜਾਣਦਾ ਹੈ ਅਤੇ ਦਿਲਾਂ ਵਿਚ ਛੁੱਪੇ ਹੋਏ ਭੇਤਾਂ ਨੂੰ ਵੀ ਉਹੀਓ ਜਾਣਦਾ ਹੈ।

هُوَ الَّذِي جَعَلَكُمْ خَلَآئِفَ فِي الْأَرْضِ ۚ فَمَن كَفَرَ فَعَلَيْهِ كُفْرُهُۥ ۖ وَلَا يَزِيدُ الْكَافِرِينَ كُفْرُهُمْ عِندَ رَبِّهِمْ إِلَّا مَقْتًا ۖ وَلَا يَزِيدُ الْكَافِرِينَ كُفْرُهُمْ إِلَّا خَسَارًا ﴿٣٩﴾

39. ਉਹੀ (ਅੱਲਾਹ) ਹੈ ਜਿਸ ਨੇ ਤੁਹਾਨੂੰ ਧਰਤੀ ਦਾ ਵਾਰਿਸ ਬਣਾਇਆ, ਸੋ ਜੋ ਕੋਈ ਕੁਫ਼ਰ (ਨਾ-ਸ਼ੁਕਰੀ) ਕਰੇਗਾ ਉਸ ਦੇ ਕੁਫ਼ਰ ਦਾ ਦੋਸ਼ ਉਸੇ 'ਤੇ ਹੀ ਹੋਵੇਗਾ ਅਤੇ ਕਾਫ਼ਿਰਾਂ (ਇਨਕਾਰੀਆਂ) ਲਈ ਉਹਨਾਂ ਦਾ ਕੁਫ਼ਰ (ਇਨਕਾਰ) ਉਹਨਾਂ ਦੇ ਰੱਬ ਦੇ (ਗੁੱਸੇ) ਨੂੰ ਵਧਾਉਣ ਦਾ ਕਾਰਨ ਬਣਦਾ ਹੈ ਅਤੇ

ਕਾਫ਼ਿਰਾਂ ਲਈ ਉਹਨਾਂ ਦਾ ਕੁਫ਼ਰ ਉਹਨਾਂ ਦੇ ਨੁਕਸਾਨ ਵਿਚ ਵਾਧਾ ਕਰਦਾ ਹੈ।[1]

قُلْ أَرَأَيْتُمْ شُرَكَاءَكُمُ الَّذِينَ تَدْعُونَ مِن دُونِ اللَّهِ أَرُونِي مَاذَا خَلَقُوا مِنَ الْأَرْضِ أَمْ لَهُمْ شِرْكٌ فِي السَّمَاوَاتِ أَمْ آتَيْنَاهُمْ كِتَابًا فَهُمْ عَلَىٰ بَيِّنَتٍ مِّنْهُ ۚ بَلْ إِن يَعِدُ الظَّالِمُونَ بَعْضُهُم بَعْضًا إِلَّا غُرُورًا (40)

40. (ਹੇ ਨਬੀ! ਮੁਸ਼ਰਿਕਾਂ ਨੂੰ) ਆਖੋ, ਚੰਗਾ ਤੁਸੀਂ ਆਪਣੇ ਜਿਹੜੇ ਇਸ਼ਟ ਦੇਵ ਹਨ, ਅੱਲਾਹ ਨੂੰ ਛੱਡ ਕੇ (ਮਦਦ ਲਈ), ਪੁਕਾਰਦੇ ਹੋ ਰਤਾ ਮੈਨੂੰ ਵੀ ਵਿਖਾਓ ਕਿ ਉਹਨਾਂ ਨੇ ਧਰਤੀ 'ਤੇ ਕਿਹੜੀ ਰਚਨਾ ਰਚਾਈ ਹੈ ਜਾਂ ਅਕਾਸ਼ ਵਿਚ ਉਹਨਾਂ ਦੀ ਕਿਹੜੀ ਸਾਂਝ ਹੈ? ਜਾਂ ਅਸੀਂ ਇਹਨਾਂ (ਮੁਸ਼ਰਿਕਾਂ) ਨੂੰ ਕੋਈ ਲਿਖਤ ਦੇ ਛੱਡੀ ਹੈ ਜਿਸ ਦੇ ਆਧਾਰ 'ਤੇ ਉਹ ਖੜ੍ਹੇ ਹਨ? ਨਹੀਂ ਕੁੱਝ ਵੀ ਤਾਂ ਨਹੀਂ, ਸਗੋਂ ਇਹ ਜ਼ਾਲਮ ਇਕ ਦੂਜੇ ਨੂੰ ਕੇਵਲ ਲਾਰੇ ਅਤੇ ਧੋਖੇ ਦਈਂ ਜਾ ਰਹੇ ਹਨ।

إِنَّ اللَّهَ يُمْسِكُ السَّمَاوَاتِ وَالْأَرْضَ أَن تَزُولَا ۚ وَلَئِن زَالَتَا إِنْ أَمْسَكَهُمَا مِنْ أَحَدٍ مِّن بَعْدِهِ ۚ إِنَّهُ كَانَ حَلِيمًا غَفُورًا (41)

41. ਹਕੀਕਤ ਇਹ ਹੈ ਕਿ ਅੱਲਾਹ ਨੇ ਹੀ ਅਕਾਸ਼ਾਂ ਤੇ ਧਰਤੀ ਨੂੰ ਫੜ੍ਹਿਆ ਹੋਇਆ ਹੈ ਕਿ ਉਹ ਦੋਵੇਂ ਆਪਣੀ ਥਾਂ ਤੋਂ ਖਿਸਕ ਨਾ ਜਾਣ। ਜੇ ਉਹ ਖਿਸਕ ਜਾਣ ਫੇਰ ਉਹਨਾਂ ਨੂੰ ਹੋਰ ਕੋਈ ਥੰਮ੍ਹਣ ਵਾਲਾ ਵੀ ਨਹੀਂ। ਬੇਸ਼ੱਕ ਉਹ ਵੱਡਾ ਸਹਿਣਸ਼ੀਲ ਤੇ ਬਖ਼ਸ਼ਣਹਾਰ ਹੈ।[2]

وَأَقْسَمُوا بِاللَّهِ جَهْدَ أَيْمَانِهِمْ لَئِن جَاءَهُمْ نَذِيرٌ لَّيَكُونُنَّ أَهْدَىٰ مِنْ إِحْدَى الْأُمَمِ ۖ فَلَمَّا جَاءَهُمْ نَذِيرٌ مَّا زَادَهُمْ إِلَّا نُفُورًا (42)

42. ਅਤੇ ਉਹਨਾਂ (ਮੱਕੇ ਦੇ) ਕਾਫ਼ਿਰਾਂ ਨੇ ਅੱਲਾਹ ਦੀਆਂ ਪੱਕੀਆਂ ਸੁੰਹਾਂ ਖਾ ਕੇ ਕਿਹਾ ਸੀ ਕਿ ਜੇ ਉਹਨਾਂ ਕੋਲ ਕੋਈ ਡਰਾਉਣ ਵਾਲਾ (ਪੈਗ਼ੰਬਰ) ਆਵੇਗਾ ਤਾਂ ਉਹ ਹੋਰਾਂ ਕੌਮਾਂ ਤੋਂ ਕਿਤੇ ਵੱਧ ਕੇ ਹਿਦਾਇਤਾਂ ਕਬੂਲ ਕਰਨ ਵਾਲੇ ਹੋਣਗੇ, ਪ੍ਰੰਤੂ ਜਦੋਂ ਉਹਨਾਂ ਕੋਲ ਡਰਾਉਣ ਵਾਲਾ (ਪੈਗ਼ੰਬਰ) ਆ ਗਿਆ ਤਾਂ ਉਸ ਦੇ ਆਉਣ ਨਾਲ ਉਹਨਾਂ ਵਿਚ ਹੱਕ ਪ੍ਰਤੀ ਨਫ਼ਰਤ ਵਿਚ ਵਾਧਾ ਹੋਣ ਲੱਗ ਪਿਆ।

---

1 ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 86/3

2 ਹਜ਼ਰਤ ਅਬੂ-ਹੁਰੈਰਾ ਦੱਸਦੇ ਹਨ ਕਿ ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਕਿਆਮਤ ਦੇ ਦਿਨ ਅੱਲਾਹ ਜ਼ਮੀਨ ਨੂੰ ਆਪਣੀ ਮੁੱਠੀ ਵਿਚ ਲੈ ਲਵੇਗਾ ਅਤੇ ਆਸਮਾਨਾਂ ਨੂੰ ਮੁੱਠੀ ਵਾਂਗ ਆਪਣੇ ਸੱਜੇ ਹੱਥ ਵਿਚ ਵਲੇਟ ਲਵੇਗਾ ਫੇਰ ਫ਼ਰਮਾਏਗਾ ਕਿ ਮੈਂ ਬਾਦਸ਼ਾਹ ਹਾਂ ਧਰਤੀ ਦੇ ਬਾਦਸ਼ਾਹ ਕਿੱਥੇ ਹਨ। (ਸਹੀ ਬੁਖ਼ਾਰੀ, ਹਦੀਸ 4812)

43. ਨਫ਼ਰਤ ਦਾ ਕਾਰਨ ਇਹ ਸੀ ਕਿ ਉਹ ਆਪਣੇ ਆਪ ਨੂੰ ਧਰਤੀ ਉੱਤੇ ਵੱਡਾ ਸਮਝਦੇ ਸਨ ਅਤੇ (ਹੱਕ ਦੇ ਵਿਰੁੱਧ) ਭੈੜੀਆਂ ਚਾਲਾਂ ਵੀ ਚਲਦੇ ਸਨ। ਜਦੋਂ ਕਿ ਭੈੜੀਆਂ ਚਾਲਾਂ ਤਾਂ ਆਪਣੇ ਚਲਾਉਣ ਵਾਲੇ ਨੂੰ ਹੀ ਆ ਘੇਰਦੀਆਂ ਹਨ। ਹੁਣ ਇਹ ਲੋਕ ਉਸ (ਅਜ਼ਾਬ) ਦੀ ਉਡੀਕ ਕਰ ਰਹੇ ਹਨ ਜਿਹੜਾ ਪਹਿਲੀਆਂ ਕੌਮਾਂ ਨਾਲ ਅੱਲਾਹ ਦੀ ਮਰਿਆਦਾ ਰਹੀ ਹੈ। ਸੋ ਤੁਸੀਂ (ਹੇ ਨਬੀ!) ਕਦੇ ਵੀ ਅੱਲਾਹ ਦੀ ਮਰਿਆਦਾ ਨੂੰ ਬਦਲਦਾ ਹੋਇਆ ਨਹੀਂ ਵੇਖੋਗੇ ਅਤੇ ਨਾ ਹੀ ਤੁਸੀਂ ਅੱਲਾਹ ਦੀ ਮਰਿਆਦਾ ਨੂੰ ਟਲਦਾ ਵੇਖੋਗੇ।

اسْتِكْبَارًا فِي الْأَرْضِ وَمَكْرَ السَّيِّئِ ۚ وَلَا يَحِيقُ الْمَكْرُ السَّيِّئُ إِلَّا بِأَهْلِهِ ۚ فَهَلْ يَنظُرُونَ إِلَّا سُنَّتَ الْأَوَّلِينَ ۚ فَلَن تَجِدَ لِسُنَّتِ اللَّهِ تَبْدِيلًا ۖ وَلَن تَجِدَ لِسُنَّتِ اللَّهِ تَحْوِيلًا ٤٣

44. ਕੀ ਉਹ (ਮੱਕੇ ਦੇ) ਲੋਕ ਧਰਤੀ ਉੱਤੇ ਤੁਰੇ ਫਿਰੇ ਨਹੀਂ, ਜਿਸ ਤੋਂ ਉਹਨਾਂ ਨੂੰ ਪਤਾ ਲੱਗਦਾ ਕਿ ਜਿਹੜੇ ਲੋਕੀ ਉਹਨਾਂ ਤੋਂ ਪਹਿਲਾਂ ਬੀਤ ਚੁੱਕੇ ਹਨ, ਉਹਨਾਂ ਦਾ ਅੰਤ ਕਿਹੋ ਜਿਹਾ ਹੋਇਆ ਸੀ ਜਦ ਕਿ ਉਹ ਉਹਨਾਂ ਤੋਂ ਕਿਤੇ ਵੱਧ ਸ਼ਕਤੀਸ਼ਾਲੀ ਸੀ। ਅੱਲਾਹ ਅਜਿਹਾ ਨਹੀਂ ਕਿ ਕੋਈ ਚੀਜ਼ ਉਸ ਨੂੰ ਅਕਾਸ਼ਾਂ ਵਿਚ ਤੇ ਧਰਤੀ ਵਿਚ ਬੇਵਸ ਕਰ ਦੇਵੇ। ਉਹ ਸਭ ਕੁੱਝ ਜਾਣਦਾ ਹੈ ਅਤੇ ਹਰੇਕ ਪ੍ਰਕਾਰ ਦੀ ਸਮਰਥਾ ਰੱਖਦਾ ਹੈ।

أَوَلَمْ يَسِيرُوا فِي الْأَرْضِ فَيَنظُرُوا كَيْفَ كَانَ عَاقِبَةُ الَّذِينَ مِن قَبْلِهِمْ وَكَانُوا أَشَدَّ مِنْهُمْ قُوَّةً ۚ وَمَا كَانَ اللَّهُ لِيُعْجِزَهُ مِن شَيْءٍ فِي السَّمَاوَاتِ وَلَا فِي الْأَرْضِ ۚ إِنَّهُ كَانَ عَلِيمًا قَدِيرًا ٤٤

45. ਅਤੇ ਜੇ ਅੱਲਾਹ ਲੋਕਾਂ ਨੂੰ ਉਹਨਾਂ ਦੀਆਂ ਕਰਤੂਤਾਂ ਕਾਰਨ ਫੜਣ ਲੱਗ ਜਾਂਦਾ ਹੈ ਤਾਂ ਇਸ (ਧਰਤੀ) ਦੀ ਪਿੱਠ ਉੱਤੇ ਤੁਰਨ ਫਿਰਨ ਵਾਲਾ ਕੋਈ ਵੀ ਪ੍ਰਾਣੀ (ਉਸ ਦੇ ਅਜ਼ਾਬ ਤੋਂ) ਨਾ ਬਚ ਸਕਦਾ, ਪਰ ਉਹ (ਅੱਲਾਹ) ਨੇ ਉਹਨਾਂ ਸਭ ਨੂੰ ਇਕ ਨਿਯਤ ਸਮੇਂ ਲਈ ਢਿੱਲ ਦਿੱਤੀ ਹੋਈ ਹੈ, ਜਦੋਂ ਉਹਨਾਂ ਦਾ ਸਮਾਂ ਆ ਜਾਵੇਗਾ (ਉਹਨਾਂ ਨੂੰ ਸਜ਼ਾ ਦੇਵੇਗਾ)। ਬੇਸ਼ੱਕ ਅੱਲਾਹ ਆਪਣੇ ਬੰਦਿਆਂ ਨੂੰ ਚੰਗੀ ਤਰ੍ਹਾਂ ਵੇਖ ਰਿਹਾ ਹੈ।

وَلَوْ يُؤَاخِذُ اللَّهُ النَّاسَ بِمَا كَسَبُوا مَا تَرَكَ عَلَىٰ ظَهْرِهَا مِن دَابَّةٍ وَلَٰكِن يُؤَخِّرُهُمْ إِلَىٰ أَجَلٍ مُّسَمًّى ۖ فَإِذَا جَاءَ أَجَلُهُمْ فَإِنَّ اللَّهَ كَانَ بِعِبَادِهِ بَصِيرًا ٤٥

36. ਸੂਰਤ ਯਾਸੀਨ (ਮੱਕੀ-41)

سُوْرَةُ يٰسٓ

(ਆਇਤਾਂ 83, ਰੁਕੂਅ 5)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1 ਯਾ, ਸੀਨ।

يٰسٓ ﴿١﴾

2. ਕਸਮ ਹੈ ਹਿਕਮਤ ਭਰੇ ਕ਼ੁਰਆਨ ਦੀ।

وَالْقُرْاٰنِ الْحَكِيْمِ ﴿٢﴾

3 ਨਿਰਸੰਦੇਹ, ਤੁਸੀਂ (ਹੇ ਮੁਹੰਮਦ!) ਪੈਗ਼ੰਬਰਾਂ ਵਿਚੋਂ ਹੀ ਹੋ।

اِنَّكَ لَمِنَ الْمُرْسَلِيْنَ ﴿٣﴾

4. ਅਤੇ ਸਿੱਧੇ ਰਾਹ 'ਤੇ ਹੋ।

عَلٰى صِرَاطٍ مُّسْتَقِيْمٍ ﴿٤﴾

5. ਇਹ (ਕ਼ੁਰਆਨ) ਜ਼ੋਰਾਵਰ ਤੇ ਮਿਹਰਾਂ ਵਾਲੇ (ਅੱਲਾਹ) ਵੱਲੋਂ ਉਤਾਰਿਆ ਗਿਆ ਹੈ।

تَنْزِيْلَ الْعَزِيْزِ الرَّحِيْمِ ﴿٥﴾

6 ਤਾਂ ਜੋ ਤੁਸੀਂ ਉਹਨਾਂ ਲੋਕਾਂ ਨੂੰ (ਕਿਆਮਤ ਤੋਂ) ਡਰਾਵੋ ਜਿਨ੍ਹਾਂ ਦੇ ਪਿਓ ਦਾਦਿਆਂ ਨੂੰ ਡਰਾਇਆ ਨਹੀਂ ਗਿਆ ਸੀ, ਇਸੇ ਕਾਰਨ ਉਹ ਵੀ (ਨਰਕ ਤੋਂ) ਬੇਪਰਵਾਹ ਹਨ।

لِتُنْذِرَ قَوْمًا مَّآ اُنْذِرَ اٰبَآؤُهُمْ فَهُمْ غٰفِلُوْنَ ﴿٦﴾

7 ਨਿਰਸੰਦੇਹ, ਉਹਨਾਂ ਦੀ ਬਹੁ ਗਿਣਤੀ ਅੱਲਾਹ ਦੇ ਫ਼ੈਸਲੇ (ਭਾਵ ਅਜ਼ਾਬ) ਦੀ ਭਾਗੀ ਬਣ ਚੁੱਕੀ ਹੈ, ਸੋ ਇਹ ਈਮਾਨ ਨਹੀਂ ਲਿਆਉਣਗੇ।

لَقَدْ حَقَّ الْقَوْلُ عَلٰٓى اَكْثَرِهِمْ فَهُمْ لَا يُؤْمِنُوْنَ ﴿٧﴾

8 ਅਸਾਂ ਉਹਨਾਂ ਦੇ ਗਲਾਂ ਵਿਚ ਸੰਗਲ ਪਾ ਛੱਡੇ ਹਨ, ਜਿਹੜੇ ਉਹਨਾਂ ਦੀਆਂ ਠੋਡੀਆਂ ਤੀਕ ਹਨ ਇਸ ਲਈ ਉਹ ਸਿਰ ਚੁੱਕੀਂ ਖੜ੍ਹੇ ਹਨ।

اِنَّا جَعَلْنَا فِيْٓ اَعْنَاقِهِمْ اَغْلٰلًا فَهِىَ اِلَى الْاَذْقَانِ فَهُمْ
مُّقْمَحُوْنَ ﴿٨﴾

9 ਅਤੇ ਅਸੀਂ ਉਹਨਾਂ ਦੇ ਅੱਗੇ (ਨਫ਼ਰਤ ਦੀ) ਇਕ ਕੰਧ ਖੜ੍ਹੀ ਕਰ ਛੱਡੀ ਹੈ ਅਤੇ ਇਕ ਕੰਧ ਉਹਨਾਂ ਦੇ ਪਿੱਛੇ, ਜਿਸ ਨਾਲ ਅਸੀਂ ਉਹਨਾਂ ਦੀਆਂ ਅੱਖਾਂ ਨੂੰ ਢੱਕ ਦਿੱਤਾ ਹੈ, ਹੁਣ ਉਹ (ਹੱਕ ਸੱਚ) ਵੇਖ ਨਹੀਂ ਸਕਦੇ।

وَجَعَلْنَا مِنْ بَيْنِ أَيْدِيهِمْ سَدًّا وَمِنْ خَلْفِهِمْ
سَدًّا فَأَغْشَيْنَاهُمْ فَهُمْ لَا يُبْصِرُونَ ﴿٩﴾

10 (ਹੇ ਨਬੀ!) ਤੁਸੀਂ ਭਾਵੇਂ ਉਹਨਾਂ ਨੂੰ ਡਰਾਓ ਜਾਂ ਨਾ ਡਰਾਓ, ਉਹਨਾਂ ਲਈ ਇਕ ਬਰਾਬਰ ਹੈ। ਉਹ ਈਮਾਨ ਨਹੀਂ ਲਿਆਉਣਗੇ।

وَسَوَاءٌ عَلَيْهِمْ أَأَنْذَرْتَهُمْ أَمْ لَمْ تُنْذِرْهُمْ
لَا يُؤْمِنُونَ ﴿١٠﴾

11. (ਹੇ ਨਬੀ!) ਤੁਸੀਂ ਤਾਂ ਕੇਵਲ ਉਸੇ ਵਿਅਕਤੀ ਨੂੰ ਹੀ ਡਰਾ ਸਕਦੇ ਹੋ ਜਿਹੜਾ ਨਸੀਹਤ (ਕੁਰਆਨ) ਦੀ ਪੈਰਵੀ ਕਰੇ ਤੇ ਬਿਨਾਂ ਵੇਖੇ ਰਹਿਮਾਨ ਤੋਂ ਡਰੇ, ਸੋ ਤੁਸੀਂ ਉਸ ਵਿਅਕਤੀ ਨੂੰ ਬਖ਼ਸ਼ਿਸ਼ ਤੇ ਮਾਨ-ਸਨਮਾਨ ਵਾਲੇ ਬਦਲੇ (ਭਾਵ ਜੰਨਤ) ਦੀਆਂ ਖ਼ੁਸ਼ਖ਼ਬਰੀਆਂ ਸੁਣਾ ਦਿਓ

إِنَّمَا تُنْذِرُ مَنِ اتَّبَعَ الذِّكْرَ وَخَشِيَ الرَّحْمَٰنَ بِالْغَيْبِ
فَبَشِّرْهُ بِمَغْفِرَةٍ وَأَجْرٍ كَرِيمٍ ﴿١١﴾

12. ਨਿਰਸੰਦੇਹ, ਅਸੀਂ ਹੀ ਮੁਰਦਿਆਂ ਨੂੰ (ਮੁੜ) ਜਿਊਂਦਾ ਕਰਾਂਗੇ ਅਤੇ ਜਿਹੜੇ ਕਰਮ ਉਹ ਅੱਗੇ (ਪਰਲੋਕ ਲਈ) ਭੇਜ ਚੁੱਕੇ ਹਨ, ਉਹਨਾਂ ਸਭ ਨੂੰ ਅਸੀਂ ਲਿਖ ਰਹੇ ਹਾਂ ਅਤੇ ਜਿਹੜੇ (ਚੰਗੇ ਜਾਂ ਮਾੜੇ) ਚਿੰਨ੍ਹ ਉਹ ਪਿੱਛੇ ਛੱਡ ਆਏ ਹਨ, ਉਹ ਵੀ ਦਰਜ ਕਰਦੇ ਹਾਂ। ਅਸੀਂ ਉਹਨਾਂ ਸਭ ਨੂੰ ਇਕ ਸਪਸ਼ਟ ਕਿਤਾਬ ਵਿਚ ਲਿਖ ਰੱਖਿਆ ਹੈ।

إِنَّا نَحْنُ نُحْيِي الْمَوْتَىٰ وَنَكْتُبُ مَا قَدَّمُوا وَآثَارَهُمْ ۚ
وَكُلَّ شَيْءٍ أَحْصَيْنَاهُ فِي إِمَامٍ مُبِينٍ ﴿١٢﴾

13 (ਹੇ ਨਬੀ!) ਤੁਸੀਂ ਇਹਨਾਂ (ਇਨਕਾਰੀਆਂ) ਲਈ ਇਕ ਬਸਤੀ ਦੀ ਉਦਾਹਰਨ ਦਾ ਉਲੇਖ ਕਰੋ, ਜਦੋਂ ਕਿ ਉਸ ਬਸਤੀ ਵਿਚ ਪੈਗ਼ੰਬਰ ਆਏ ਸਨ।

وَاضْرِبْ لَهُمْ مَثَلًا أَصْحَابَ الْقَرْيَةِ إِذْ جَاءَهَا
الْمُرْسَلُونَ ﴿١٣﴾

14. ਜਦੋਂ ਅਸੀਂ ਉਹਨਾਂ (ਬਸਤੀ ਵਾਲਿਆਂ) ਕੋਲ ਦੋ (ਪੈਗ਼ੰਬਰਾਂ) ਨੂੰ ਭੇਜਿਆ, ਪਰ ਉਹਨਾਂ

إِذْ أَرْسَلْنَا إِلَيْهِمُ اثْنَيْنِ فَكَذَّبُوهُمَا فَعَزَّزْنَا
بِثَالِثٍ فَقَالُوا إِنَّا إِلَيْكُمْ مُرْسَلُونَ ﴿١٤﴾

ਨੇ ਉਹਨਾਂ ਦੋਵਾਂ ਨੂੰ ਝੁਠਲਾਇਆ, ਫੇਰ ਅਸੀਂ ਤੀਜਾ ਪੈਗ਼ੰਬਰ ਉਹਨਾਂ ਦੋਵਾਂ ਦੀ ਸਹਾਇਤਾ ਲਈ ਭੇਜਿਆ, ਸੋ ਉਹਨਾਂ (ਤਿੰਨਾਂ) ਨੇ ਕਿਹਾ ਕਿ ਅਸੀਂ ਤੁਹਾਡੇ ਵੱਲ (ਰੱਬ ਵੱਲੋਂ) ਘੱਲੇ ਗਏ (ਰਸੂਲ) ਹਾਂ।

قَالُوا مَا أَنتُمْ إِلَّا بَشَرٌ مِّثْلُنَا وَمَا أَنزَلَ الرَّحْمَٰنُ
مِن شَيْءٍ إِنْ أَنتُمْ إِلَّا تَكْذِبُونَ ﴿١٥﴾

15 ਉਹਨਾਂ (ਬਸਤੀ ਵਾਲਿਆਂ) ਨੇ ਕਿਹਾ ਕਿ ਤੁਸੀਂ ਤਾਂ ਸਾਡੇ ਹੀ ਵਰਗੇ ਇਕ ਮਨੁੱਖ ਹੋ ਅਤੇ ਰਹਿਮਾਨ (ਰੱਬ) ਨੇ ਤੁਹਾਡੇ ਉੱਤੇ ਕੋਈ ਵੀ ਚੀਜ਼ (ਭਾਵ ਪੈਗ਼ੰਬਰੀ) ਨਹੀਂ ਉਤਾਰੀ, ਤੁਸੀਂ ਤਾਂ ਨਿਰਾ ਹੀ ਝੂਠ ਬੋਲਦੇ ਹੋ।

قَالُوا رَبُّنَا يَعْلَمُ إِنَّا إِلَيْكُمْ لَمُرْسَلُونَ ﴿١٦﴾

16. ਉਹਨਾਂ (ਪੈਗ਼ੰਬਰਾਂ) ਨੇ ਕਿਹਾ ਕਿ ਸਾਡਾ ਪਾਲਣਹਾਰ ਜਾਣਦਾ ਹੈ ਕਿ ਬੇਸ਼ੱਕ ਅਸੀਂ ਤੁਹਾਡੇ ਵੱਲ ਹੀ ਭੇਜੇ ਗਏ ਹਾਂ।

وَمَا عَلَيْنَا إِلَّا الْبَلَاغُ الْمُبِينُ ﴿١٧﴾

17. ਸਾਡੇ ਜ਼ਿੰਮੇ ਤਾਂ ਕੇਵਲ ਸਪਸ਼ਟ ਰੂਪ ਵਿਚ (ਰੱਬੀ ਸੁਨੇਹਾ) ਪਹੁੰਚਾਉਣਾ ਹੈ।

قَالُوا إِنَّا تَطَيَّرْنَا بِكُمْ لَئِن لَّمْ تَنتَهُوا لَنَرْجُمَنَّكُمْ
وَلَيَمَسَّنَّكُم مِّنَّا عَذَابٌ أَلِيمٌ ﴿١٨﴾

18. ਉਹ (ਬਸਤੀ ਵਾਲੇ) ਆਖਣ ਲੱਗੇ ਕਿ ਅਸੀਂ ਤਾਂ ਤੁਹਾਨੂੰ ਮਨਹੂਸ (ਬੇ-ਭਾਗ) ਸਮਝਦੇ ਹਾਂ, ਜੇ ਤੁਸੀਂ ਬਾਜ਼ ਨਾ ਆਏ ਤਾਂ ਅਸੀਂ ਤੁਹਾਨੂੰ ਪੱਥਰ ਮਾਰ-ਮਾਰ ਕੇ ਮਾਰ ਸੁੱਟਾਂਗੇ ਅਤੇ ਸਾਡੇ ਵੱਲੋਂ ਤੁਹਾਨੂੰ ਕਰੜੀ ਸਜ਼ਾ ਮਿਲੇਗੀ।

قَالُوا طَائِرُكُم مَّعَكُمْ أَئِن ذُكِّرْتُم بَلْ أَنتُمْ
قَوْمٌ مُّسْرِفُونَ ﴿١٩﴾

19 ਉਹਨਾਂ (ਪੈਗ਼ੰਬਰਾਂ) ਨੇ ਕਿਹਾ ਕਿ ਤੁਹਾਡੀ ਨਹੂਸਤ ਤੁਹਾਡੇ ਨਾਲ ਹੀ ਜੁੜੀ ਹੋਈ ਹੈ। ਕੀ ਤੁਸੀਂ ਇਸ ਨਸੀਹਤ ਨੂੰ ਨਹੂਸਤ ਸਮਝਦੇ ਹੋ ਜਿਹੜੀ ਤੁਹਾਨੂੰ ਕੀਤੀ ਜਾਂਦੀ ਹੈ। (ਉੱਕਾ ਹੀ ਨਹੀਂ ਸਗੋਂ) ਤੁਸੀਂ ਹੱਦੋਂ ਟੱਪਣ ਵਾਲੇ ਲੋਕ ਹੋ।

20 ਇਨ੍ਹਾਂ ਕੋਲ ਇਕ ਵਿਅਕਤੀ, ਬਸਤੀ ਦੇ ਪਰਲੇ ਸਿਰਿਓਂ, ਨੱਸਦਾ ਹੋਇਆ ਆਇਆ ਅਤੇ ਆਖਣ ਲੱਗਾ ਕਿ ਹੇ ਮੇਰੀ ਕੌਮ! ਤੁਸੀਂ ਇਹਨਾਂ (ਪੈਗ਼ੰਬਰਾਂ) ਦੀ ਪੈਰਵੀ ਕਰੋ।

وَجَاءَ مِنْ أَقْصَا الْمَدِينَةِ رَجُلٌ يَسْعَىٰ ، قَالَ يَا قَوْمِ اتَّبِعُوا الْمُرْسَلِينَ ۝٢٠

21. ਤੁਸੀਂ ਇਹਨਾਂ ਲੋਕਾਂ ਦੀ ਪੈਰਵੀ ਕਰੋ ਜਿਹੜੇ ਤੁਹਾਥੋਂ (ਨਸੀਹਤਾਂ ਕਰਨ ਦਾ) ਕੋਈ ਬਦਲਾ ਵੀ ਨਹੀਂ ਮੰਗਦੇ ਅਤੇ ਇਹ ਲੋਕ ਸਿੱਧੇ ਰਾਹ 'ਤੇ ਵੀ ਹਨ।

اتَّبِعُوا مَنْ لَا يَسْأَلُكُمْ أَجْرًا وَهُمْ مُهْتَدُونَ ۝٢١

22. ਅਤੇ ਮੈਨੂੰ ਕੀ ਹੋਇਆ ਹੈ ਕਿ ਮੈਂ ਉਸ ਜ਼ਾਤ ਦੀ ਇਬਾਦਤ ਨਾ ਕਰਾਂ, ਜਿਸ ਨੇ ਮੈਨੂੰ ਪੈਦਾ ਕੀਤਾ ਹੈ? ਅਤੇ ਤੁਸੀਂ ਸਾਰੇ (ਮਰਨ ਮਗਰੋਂ) ਉਸੇ ਵੱਲ ਪਰਤਾਏ ਜਾਵੋਗੇ।

وَمَا لِيَ لَا أَعْبُدُ الَّذِي فَطَرَنِي وَإِلَيْهِ تُرْجَعُونَ ﴿22﴾

23. ਕੀ ਮੈਂ ਉਸ (ਅੱਲਾਹ) ਨੂੰ ਛੱਡ ਦੂਜਿਆਂ ਨੂੰ ਇਸ਼ਟ ਬਣਾ ਲਵਾਂ? ਜੇ ਰਹਿਮਾਨ ਮੈਨੂੰ ਕੋਈ ਹਾਨੀ ਪੁਚਾਉਣਾ ਚਾਹਵੇ ਤਾਂ ਨਾ ਉਹਨਾਂ (ਇਸ਼ਟਾਂ) ਦੀ ਸਿਫ਼ਾਰਸ਼ ਮੇਰੇ ਕੁਝ ਕੰਮ ਆਵੇਗੀ ਅਤੇ ਨਾ ਹੀ ਉਹ ਮੈਨੂੰ (ਅਜ਼ਾਬ ਤੋਂ) ਛੁਡਵਾ ਸਕਦੇ ਹਨ।

أَأَتَّخِذُ مِن دُونِهِ آلِهَةً إِن يُرِدْنِ الرَّحْمَٰنُ بِضُرٍّ لَّا تُغْنِ عَنِّي شَفَاعَتُهُمْ شَيْئًا وَلَا يُنقِذُونِ ﴿23﴾

24. ਫਿਰ ਤਾਂ ਮੈਂ ਸਪਸ਼ਟ ਰੂਪ ਵਿਚ ਗੁਮਰਾਹੀ ਵਿਚ ਫਸ ਜਾਵਾਂਗਾ।

إِنِّي إِذًا لَّفِي ضَلَالٍ مُّبِينٍ ﴿24﴾

25. (ਉਹੀ ਵਿਅਕਤੀ ਨੇ ਕਿਹਾ ਕਿ) ਮੈਂ ਤਾਂ ਤੁਹਾਡੇ ਸਭ ਦੇ ਪਾਲਣਹਾਰ 'ਤੇ ਈਮਾਨ ਲੈ ਆਇਆ ਹਾਂ (ਇਹ ਸੁਣ ਕੇ ਕੌਮ ਨੇ ਉਸ ਨੂੰ ਮਾਰ ਦਿੱਤਾ)।

إِنِّي آمَنتُ بِرَبِّكُمْ فَاسْمَعُونِ ﴿25﴾

26. (ਰੱਬ ਵੱਲੋਂ ਉਸ ਵਿਅਕਤੀ ਨੂੰ) ਕਿਹਾ ਗਿਆ ਕਿ ਸਵਰਗ ਵਿਚ ਪ੍ਰਵੇਸ਼ ਕਰ ਜਾ। ਉਹ (ਵਿਅਕਤੀ ਆਖਣ ਲੱਗਿਆ ਕਿ) ਕਾਸ਼ ਮੇਰੀ ਕੌਮ ਨੂੰ ਵੀ ਗਿਆਨ ਹੋ ਜਾਂਦਾ।

قِيلَ ادْخُلِ الْجَنَّةَ ۖ قَالَ يَا لَيْتَ قَوْمِي يَعْلَمُونَ ﴿26﴾

27. ਕਿ ਮੇਰੇ ਮਾਲਿਕ ਨੇ ਮੈਨੂੰ ਬਖ਼ਸ਼ ਦਿੱਤਾ ਹੈ ਅਤੇ ਉਸ ਨੇ ਮੈਨੂੰ ਪਤਵੰਤੇ ਲੋਕਾਂ ਵਿਚ ਸ਼ਾਮਿਲ ਕਰ ਲਿਆ ਹੈ।

بِمَا غَفَرَ لِي رَبِّي وَجَعَلَنِي مِنَ الْمُكْرَمِينَ ﴿27﴾

28. ਉਸ (ਵਿਅਕਤੀ ਦੇ ਕਤਲ) ਮਗਰੋਂ ਅਸੀਂ ਉਸ ਦੀ ਕੌਮ 'ਤੇ ਅਕਾਸ਼ੋਂ ਕੋਈ ਫ਼ੌਜ (ਸਜ਼ਾ ਦੇਣ ਲਈ) ਨਹੀਂ ਉਤਾਰੀ ਅਤੇ ਨਾ ਹੀ ਅਸੀਂ ਇਸ ਪ੍ਰਕਾਰ ਭੇਜਿਆ ਕਰਦੇ ਹਾਂ।

وَمَا أَنزَلْنَا عَلَىٰ قَوْمِهِ مِن بَعْدِهِ مِن جُندٍ مِّنَ السَّمَاءِ وَمَا كُنَّا مُنزِلِينَ ﴿28﴾

29. ਉਹ ਤਾਂ ਕੇਵਲ ਇਕ (ਦਿਲ ਦਹਿਲਾਉਣ ਵਾਲੀ) ਚੀਕ ਸੀ (ਜਿਸ ਨੂੰ ਸੁਣ ਕੇ) ਅਚਣਚੇਤ ਉਹ ਸਾਰੇ ਲੋਕੀ ਬੁਝ ਕੇ ਰਹਿ ਗਏ (ਭਾਵ ਮਰ ਗਏ)।

إِن كَانَتْ إِلَّا صَيْحَةً وَاحِدَةً فَإِذَا هُمْ خَامِدُونَ ﴿29﴾

يٰحَسْرَةً عَلَى الْعِبَادِ ۚ مَا يَأْتِيهِمْ مِّنْ رَّسُولٍ إِلَّا كَانُوا بِهِ يَسْتَهْزِءُونَ ﴿30﴾

30. ਹਾਏ ਅਫ਼ਸੋਸ ਬੰਦਿਆਂ ਦੇ ਹਾਲ 'ਤੇ, ਜਿਹੜਾ ਵੀ ਰਸੂਲ ਉਹਨਾਂ ਕੋਲ ਆਇਆ, ਉਹ ਉਸ ਦਾ ਮਖੌਲ ਹੀ ਉਡਾਉਂਦੇ ਰਹੇ।

أَلَمْ يَرَوْا كَمْ أَهْلَكْنَا قَبْلَهُمْ مِّنَ الْقُرُونِ أَنَّهُمْ إِلَيْهِمْ لَا يَرْجِعُونَ ﴿31﴾

31 ਕੀ ਉਹਨਾਂ ਨੇ ਨਹੀਂ ਵੇਖਿਆ ਕਿ ਉਹਨਾਂ ਤੋਂ ਪਹਿਲਾਂ ਅਸੀਂ ਕਿੰਨੀਆਂ ਕੌਮਾਂ ਨੂੰ ਬਰਬਾਦ ਕਰ ਚੁੱਕੇ ਹਾਂ? ਬੇਸ਼ੱਕ ਉਹ ਉਹਨਾਂ ਕੋਲ ਮੁੜ ਕੇ ਨਹੀਂ ਆਉਣਗੀਆਂ।

وَإِنْ كُلٌّ لَّمَّا جَمِيعٌ لَّدَيْنَا مُحْضَرُونَ ﴿32﴾

32 ਅਤੇ ਸਾਰੇ ਦੇ ਸਾਰੇ ਲੋਕ ਸਾਡੀ ਹਜ਼ੂਰੀ ਵਿਚ ਹਾਜ਼ਰ ਕੀਤੇ ਜਾਣਗੇ।

وَآيَةٌ لَّهُمُ الْأَرْضُ الْمَيْتَةُ ۚ أَحْيَيْنٰهَا وَأَخْرَجْنَا مِنْهَا حَبًّا فَمِنْهُ يَأْكُلُونَ ﴿33﴾

33. (ਜਿਹੜੇ ਲੋਕੀ ਮੁੜ ਜੀਵਨ ਨੂੰ ਨਹੀਂ ਮੰਨਦੇ) ਉਹਨਾਂ ਲਈ ਮੁਰਦਾ (ਭਾਵ ਬੰਜਰ) ਧਰਤੀ ਇਕ ਨਿਸ਼ਾਨੀ ਹੈ, ਜਿਸ ਨੂੰ ਅਸੀਂ ਜਿਊਂਦਾ (ਉਪਜਾਊ) ਕਰ ਦਿੱਤਾ ਅਤੇ ਇਸ ਵਿੱਚੋਂ ਅਨਾਜ ਕੱਢਿਆ, ਫੇਰ ਇਸ ਵਿੱਚੋਂ ਇਹ ਖਾਂਦੇ ਹਨ।

وَجَعَلْنَا فِيهَا جَنّٰتٍ مِّنْ نَّخِيلٍ وَّأَعْنَابٍ وَّفَجَّرْنَا فِيهَا مِنَ الْعُيُونِ ﴿34﴾

34. ਅਤੇ ਅਸੀਂ ਇਸ (ਧਰਤੀ) ਵਿੱਚੋਂ ਖਜੂਰ ਅਤੇ ਅੰਗੂਰਾਂ ਦੇ ਬਾਗ਼ ਪੈਦਾ ਕੀਤੇ ਅਤੇ ਇਸ (ਧਰਤੀ) ਵਿੱਚੋਂ ਨਹਿਰਾਂ ਵੀ ਵਗਾਈਆਂ।

لِيَأْكُلُوا مِنْ ثَمَرِهِ ۙ وَمَا عَمِلَتْهُ أَيْدِيهِمْ ۖ أَفَلَا يَشْكُرُونَ ﴿35﴾

35. ਤਾਂ ਜੋ (ਲੋਕੀ) ਇਸ ਦੇ ਫਲ ਖਾਣ ਅਤੇ ਇਹਨਾਂ ਫਲਾਂ ਨੂੰ ਇਹਨਾਂ (ਇਨਕਾਰੀਆਂ) ਦੇ ਹੱਥਾਂ ਨੇ ਨਹੀਂ ਬਣਾਇਆ (ਇਹ ਸਭ ਜਾਣਦੇ ਹੋਏ ਵੀ) ਉਹ ਲੋਕ ਧੰਨਵਾਦ ਕਿਉਂ ਨਹੀਂ ਕਰਦੇ।

سُبْحٰنَ الَّذِي خَلَقَ الْأَزْوٰجَ كُلَّهَا مِمَّا تُنْبِتُ الْأَرْضُ وَمِنْ أَنْفُسِهِمْ وَمِمَّا لَا يَعْلَمُونَ ﴿36﴾

36 ਪਾਕ ਹੈ ਉਹ ਜ਼ਾਤ ਜਿਸ ਨੇ ਹਰ ਚੀਜ਼ ਦੇ ਜੋੜੇ ਪੈਦਾ ਕੀਤੇ, ਉਹਨਾਂ ਚੀਜ਼ਾਂ ਦੇ ਵੀ ਜਿਨ੍ਹਾਂ ਨੂੰ ਧਰਤੀ ਉਗਾਉਂਦੀ ਹੈ ਅਤੇ ਇਹਨਾਂ (ਮਨੁੱਖਾਂ) ਦੇ ਵੀ ਅਤੇ ਉਹਨਾਂ ਦੇ ਵੀ (ਜੋੜੇ ਬਣਾਏ) ਜਿਨ੍ਹਾਂ ਨੂੰ ਇਹ ਜਾਣਦੇ ਵੀ ਨਹੀਂ।

وَآيَةٌ لَّهُمُ اللَّيْلُ نَسْلَخُ مِنْهُ النَّهَارَ فَإِذَا هُم مُّظْلِمُونَ 37

37. ਅਤੇ ਇਹਨਾਂ ਲੋਕਾਂ ਲਈ ਰਾਤ ਵੀ ਇਕ ਨਿਸ਼ਾਨੀ ਹੈ। ਅਸੀਂ ਇਸ ਵਿੱਚੋਂ ਦਿਨ ਨੂੰ ਕੱਢਦੇ ਹਾਂ ਤਾਂ ਉਹ (ਦਿਨ) ਹਨੇਰੇ ਵਿਚ ਡੁੱਬ ਜਾਂਦਾ ਹੈ।

وَالشَّمْسُ تَجْرِي لِمُسْتَقَرٍّ لَّهَا ۚ ذَٰلِكَ تَقْدِيرُ الْعَزِيزِ الْعَلِيمِ 38

38. ਅਤੇ ਸੂਰਜ ਆਪਣੇ ਨਿਯਤ ਟਿਕਾਣੇ ਪਹੁੰਚਣ ਲਈ ਚਲਦਾ ਰਹਿੰਦਾ ਹੈ, ਇਹ (ਨਿਯਤ ਚਾਲਾਂ) ਦਾ ਹਿਸਾਬ ਵੱਡੇ ਜ਼ੋਰਾਵਰ ਤੇ ਜਾਣਨਹਾਰ ਵੱਲੋਂ ਹੈ।

وَالْقَمَرَ قَدَّرْنَاهُ مَنَازِلَ حَتَّىٰ عَادَ كَالْعُرْجُونِ الْقَدِيمِ 39

39. ਅਤੇ ਚੰਨ ਦੀਆਂ (ਅਠਾਈ) ਮੰਜ਼ਿਲਾਂ (ਚਾਲਾਂ) ਅਸੀਂ ਨਿਯਤ ਕਰ ਰੱਖੀਆਂ ਹਨ, ਇੱਥੋਂ ਤਕ ਕਿ (ਮਹੀਨੇ ਦੇ ਅਖ਼ੀਰ ਵਿਚ) ਉਹ ਮੁੜ ਖਜੂਰ ਦੀ ਇਕ ਪੁਰਾਣੀ ਟੇਢੀ ਟਹਿਣੀ ਵਾਂਗ ਹੋ ਜਾਂਦਾ ਹੈ।

لَا الشَّمْسُ يَنبَغِي لَهَا أَن تُدْرِكَ الْقَمَرَ وَلَا اللَّيْلُ سَابِقُ النَّهَارِ ۚ وَكُلٌّ فِي فَلَكٍ يَسْبَحُونَ 40

40 ਨਾ ਹੀ ਸੂਰਜ ਦੇ ਵੱਸ ਵਿਚ ਹੈ ਕਿ ਉਹ ਚੰਨ ਨੂੰ ਫੜ ਲਵੇ ਅਤੇ ਨਾ ਹੀ ਰਾਤ ਤੋਂ ਪਹਿਲਾਂ ਦਿਨ ਆ ਸਕਦਾ ਹੈ ਅਤੇ ਹਰੇਕ (ਸੂਰਜ, ਚੰਨ, ਤਾਰੇ ਆਦਿ) ਆਪਣੇ ਨਿਯਤ ਘੇਰੇ ਵਿਚ ਤੈਰਦਾ ਫਿਰਦਾ ਹੈ

وَآيَةٌ لَّهُمْ أَنَّا حَمَلْنَا ذُرِّيَّتَهُمْ فِي الْفُلْكِ الْمَشْحُونِ 41

41. ਉਹਨਾਂ (ਰੱਬ ਦੇ ਇਨਕਾਰੀਆਂ) ਲਈ ਇਕ ਨਿਸ਼ਾਨੀ ਇਹ ਵੀ ਹੈ ਕਿ ਅਸੀਂ ਉਹਨਾਂ ਦੀ ਨਸਲ ਨੂੰ (ਨੂਹ ਦੀ) ਭਰੀ ਹੋਈ ਕਿਸ਼ਤੀ ਵਿਚ ਸਵਾਰ ਕੀਤਾ।

وَخَلَقْنَا لَهُم مِّن مِّثْلِهِ مَا يَرْكَبُونَ 42

42. ਅਤੇ ਅਸੀਂ ਉਹਨਾਂ ਲਈ ਅਜਿਹੀਆਂ ਕਈ ਚੀਜ਼ਾਂ ਹੋਰ ਵੀ ਪੈਦਾ ਕੀਤੀਆਂ ਜਿਨ੍ਹਾਂ 'ਤੇ ਉਹ ਸਵਾਰ ਹੁੰਦੇ ਹਨ।

وَإِن نَّشَأْ نُغْرِقْهُمْ فَلَا صَرِيخَ لَهُمْ وَلَا هُمْ يُنقَذُونَ 43

43 ਜੇਕਰ ਅਸੀਂ ਚਾਹੀਏ ਤਾਂ ਉਹਨਾਂ ਨੂੰ ਡੋਬ ਦਈਏ, ਫੇਰ ਨਾ ਤਾਂ ਕੋਈ ਉਹਨਾਂ ਦੀਆਂ ਅਰਦਾਸਾਂ ਸੁਣਨ ਵਾਲਾ ਹੋਵੇਗਾ ਅਤੇ ਨਾ ਹੀ ਉਹਨਾਂ ਨੂੰ ਬਚਾਇਆ ਜਾ ਸਕੇਗਾ।

إِلَّا رَحْمَةً مِّنَّا وَمَتَاعًا إِلَىٰ حِينٍ 44

44 ਪ੍ਰੰਤੂ (ਉਹਨਾਂ ਦਾ ਬਚਾਓ) ਸਾਡੀ ਮਿਹਰਾਂ 'ਤੇ ਨਿਰਭਰ ਹੈ ਅਤੇ ਇਕ ਖ਼ਾਸ ਸਮੇਂ ਤਕ (ਭਾਵ ਮਰਨ ਤੱਕ) ਉਹਨਾਂ ਨੂੰ ਜੀਵਨ ਦਾ ਲਾਭ ਦੇ ਰਹੇ ਹਾਂ।

45. ਜਦੋਂ ਉਹਨਾਂ ਨੂੰ ਕਿਹਾ ਜਾਂਦਾ ਹੈ ਕਿ ਉਸ ਅਜ਼ਾਬ ਤੋਂ ਡਰੋ ਜਿਹੜਾ ਤੁਹਾਡੇ ਸਾਹਮਣੇ (ਸੰਸਾਰ ਵਿਚ) ਹੈ ਅਤੇ ਜਿਹੜਾ ਤੁਹਾਡੇ ਪਿੱਛੇ (ਪਰਲੋਕ ਵਿਚ) ਹੈ ਤਾਂ ਜੋ ਤੁਹਾਡੇ 'ਤੇ ਰਹਿਮ ਕੀਤਾ ਜਾਵੇ (ਤਾਂ ਉਹ ਕੰਨੀ ਕਤਰਾਉਂਦੇ ਹਨ)।

وَإِذَا قِيلَ لَهُمُ اتَّقُوا مَا بَيْنَ أَيْدِيكُمْ وَمَا خَلْفَكُمْ لَعَلَّكُمْ تُرْحَمُونَ ﴿٤٥﴾

46. ਅਤੇ ਉਹਨਾਂ ਦੇ ਰੱਬ ਦੀਆਂ ਨਿਸ਼ਾਨੀਆਂ ਵਿੱਚੋਂ ਜਿਹੜੀ ਵੀ ਨਿਸ਼ਾਨੀ ਉਹਨਾਂ ਕੋਲ ਆਉਂਦੀ ਹੈ ਤਾਂ ਉਸ ਤੋਂ ਮੂੰਹ ਫੇਰ ਲੈਂਦੇ ਹਨ।

وَمَا تَأْتِيهِم مِّنْ آيَةٍ مِّنْ آيَاتِ رَبِّهِمْ إِلَّا كَانُوا عَنْهَا مُعْرِضِينَ ﴿٤٦﴾

47. ਜਦੋਂ ਉਹਨਾਂ ਨੂੰ ਕਿਹਾ ਜਾਂਦਾ ਹੈ ਕਿ ਜੋ ਅੱਲਾਹ ਨੇ ਤੁਹਾਨੂੰ ਦਿੱਤਾ ਹੈ ਉਸ (ਮਾਲ) ਵਿੱਚੋਂ ਖ਼ਰਚ ਕਰੋ, ਤਾਂ ਉਹ ਕਾਫ਼ਿਰ ਈਮਾਨ ਵਾਲਿਆਂ ਨੂੰ ਕਹਿੰਦੇ ਹਨ, ਕੀ ਅਸੀਂ ਇਹਨਾਂ ਨੂੰ ਖਵਾਈਏ? ਜੇ ਅੱਲਾਹ ਚਾਹੁੰਦਾ ਤਾਂ ਇਹਨਾਂ ਨੂੰ ਆਪ ਹੀ ਖੁਆ ਦਿੰਦਾ। ਤੁਸੀਂ ਤਾਂ ਕੁਰਾਹੇ ਪਏ ਹੋਏ ਹੋ।

وَإِذَا قِيلَ لَهُمْ أَنفِقُوا مِمَّا رَزَقَكُمُ اللَّهُ قَالَ الَّذِينَ كَفَرُوا لِلَّذِينَ آمَنُوا أَنُطْعِمُ مَن لَّوْ يَشَاءُ اللَّهُ أَطْعَمَهُ إِنْ أَنتُمْ إِلَّا فِي ضَلَالٍ مُّبِينٍ ﴿٤٧﴾

48. ਇਹ (ਕਾਫ਼ਿਰ) ਆਖਦੇ ਹਨ ਕਿ ਇਹ (ਕਿਆਮਤ ਆਉਣ ਦਾ) ਵਚਨ ਕਦੋਂ ਪੂਰਾ ਹੋਵੇਗਾ, (ਹੇ ਨਬੀ!) ਜੇ ਤੁਸੀਂ ਸੱਚੇ ਹੋ ਤਾਂ ਦੱਸੋ।

وَيَقُولُونَ مَتَىٰ هَٰذَا الْوَعْدُ إِن كُنتُمْ صَادِقِينَ ﴿٤٨﴾

49. (ਹੇ ਨਬੀ!) ਉਹ ਤਾਂ ਇਕ ਕਰੜੀ ਜਿਹੀ ਚੀਕ ਦੀ ਉਡੀਕ ਕਰ ਰਹੇ ਹਨ ਅਤੇ ਉਹ ਉਹਨਾਂ ਨੂੰ (ਅਚਣਚੇਤ) ਆ ਨੱਪੇਗੀ ਅਤੇ ਉਸ ਸਮੇਂ ਉਹ ਆਪਸ ਵਿਚ ਝਗੜ ਰਹੇ ਹੋਣਗੇ।

مَا يَنظُرُونَ إِلَّا صَيْحَةً وَاحِدَةً تَأْخُذُهُمْ وَهُمْ يَخِصِّمُونَ ﴿٤٩﴾

50. (ਉਸ ਸਮੇਂ) ਨਾ ਤਾਂ ਉਹ ਕੋਈ ਵਸੀਅਤ ਕਰ ਸਕਣਗੇ ਅਤੇ ਨਾ ਹੀ ਆਪਣੇ ਪਰਿਵਾਰ ਕੋਲ ਆ ਸਕਣਗੇ।

فَلَا يَسْتَطِيعُونَ تَوْصِيَةً وَلَا إِلَىٰ أَهْلِهِمْ يَرْجِعُونَ ﴿٥٠﴾

51. ਅਤੇ ਜਦੋਂ ਸੂਰ (ਬਿਗਲ) ਵਜਾਇਆ ਜਾਵੇਗਾ ਤਾਂ ਇਕ ਦਮ ਉਹ ਸਾਰੇ ਆਪਣੀਆਂ ਕਬਰਾਂ ਵਿੱਚੋਂ ਨਿਕਲ ਕੇ ਆਪਣੇ ਮਾਲਿਕ ਵੱਲ ਨੱਸਣਗੇ।

وَنُفِخَ فِي الصُّورِ فَإِذَا هُم مِّنَ الْأَجْدَاثِ إِلَىٰ رَبِّهِمْ يَنسِلُونَ ﴿٥١﴾

52. ਆਖਣਗੇ ਕਿ ਹਾਏ ਸਾਡੇ ਮਾੜੇ ਭਾਗ! ਸਾਨੂੰ ਸਾਡੇ ਨੀਂਦਰ ਸਥਾਨ ਤੋਂ ਕਿਸ ਨੇ ਜਗਾ ਦਿੱਤਾ? (ਉੱਤਰ ਵਿਚ ਕਿਹਾ ਜਾਵੇਗਾ) ਕਿ ਇਹ ਉਹੀਓ (ਕਿਆਮਤ) ਹੈ, ਜਿਸ ਦਾ ਵਚਨ ਰਹਿਮਾਨ ਨੇ ਕੀਤਾ ਸੀ ਅਤੇ ਪੈਗ਼ੰਬਰਾਂ ਨੇ ਸੱਚ ਹੀ ਆਖਿਆ ਸੀ।

قَالُوا يَا وَيْلَنَا مَنْ بَعَثَنَا مِن مَّرْقَدِنَا ۜ هَٰذَا مَا
وَعَدَ الرَّحْمَٰنُ وَصَدَقَ الْمُرْسَلُونَ ﴿٥٢﴾

53. ਉਹ ਤਾਂ ਕੇਵਲ ਇਕ ਕੜਕੀ (ਡਰਾਉਣ ਵਾਲੀ) ਚੀਕ ਹੋਵੇਗੀ, ਫੇਰ ਉਹ ਸਾਰੇ ਦੇ ਸਾਰੇ ਸਾਡੇ ਹਜ਼ੂਰ ਪੇਸ਼ ਕਰ ਦਿੱਤੇ ਜਾਣਗੇ।

إِن كَانَتْ إِلَّا صَيْحَةً وَاحِدَةً فَإِذَا هُمْ جَمِيعٌ
لَّدَيْنَا مُحْضَرُونَ ﴿٥٣﴾

54. ਅੱਜ ਕਿਸੇ ਵਿਅਕਤੀ 'ਤੇ ਕੋਈ ਜ਼ੁਲਮ (ਨਾ-ਇਨਸਾਫ਼ੀ) ਨਹੀਂ ਹੋਵੇਗਾ, ਤੁਹਾਨੂੰ ਕੇਵਲ ਉਹਨਾਂ ਕੰਮਾਂ ਦਾ ਹੀ ਬਦਲਾ ਦਿੱਤਾ ਜਾਵੇਗਾ ਜੋ ਤੁਸੀਂ ਕਰਦੇ ਸੀ।

فَالْيَوْمَ لَا تُظْلَمُ نَفْسٌ شَيْئًا وَلَا تُجْزَوْنَ
إِلَّا مَا كُنتُمْ تَعْمَلُونَ ﴿٥٤﴾

55. ਬੇਸ਼ੱਕ ਸਵਰਗਾਂ ਵਾਲੇ ਅੱਜ ਐਸ਼ੋ-ਆਰਾਮ ਵਿਚ ਰੁਝੇ ਹੋਣਗੇ।

إِنَّ أَصْحَابَ الْجَنَّةِ الْيَوْمَ فِي شُغُلٍ فَاكِهُونَ ﴿٥٥﴾

56. ਉਹ ਤੇ ਉਹਨਾਂ ਦੀਆਂ ਪਤਨੀਆਂ ਛਾਵਾਂ ਹੇਠ ਸਿੰਘਾਸਣਾਂ ਉੱਤੇ ਗਾਵੇ ਲਾਈਂ ਬੈਠੀਆਂ ਹੋਣਗੀਆਂ।

هُمْ وَأَزْوَاجُهُمْ فِي ظِلَالٍ عَلَى الْأَرَائِكِ مُتَّكِئُونَ ﴿٥٦﴾

57. ਉਹਨਾਂ ਲਈ ਉੱਥੇ ਹਰ ਪ੍ਰਕਾਰ ਦੇ ਫਲ ਹੋਣਗੇ ਅਤੇ ਜੋ ਵੀ ਉਹ ਇੱਛਾ ਕਰਣਗੇ ਉਹਨਾਂ ਨੂੰ ਉਹੀਓ ਮਿਲੇਗਾ।

لَهُمْ فِيهَا فَاكِهَةٌ وَلَهُم مَّا يَدَّعُونَ ﴿٥٧﴾

58. ਅਤੇ ਅਤਿਅੰਤ ਮਿਹਰਾਂ ਵਾਲੇ ਰੱਬ ਵੱਲੋਂ ਉਹਨਾਂ ਨੂੰ ਸਲਾਮ ਕਿਹਾ ਜਾਵੇਗਾ।

سَلَامٌ قَوْلًا مِّن رَّبٍّ رَّحِيمٍ ﴿٥٨﴾

59. (ਅਤੇ ਪਾਪੀਆਂ ਨੂੰ ਕਿਹਾ ਜਾਵੇਗਾ ਕਿ) ਹੇ ਪਾਪੀਓ! ਅੱਜ ਤੁਸੀਂ (ਨੇਕ ਲੋਕਾਂ ਤੋਂ) ਅੱਡ ਹੋ ਜਾਓ।

وَامْتَازُوا الْيَوْمَ أَيُّهَا الْمُجْرِمُونَ ﴿٥٩﴾

60. ਹੇ ਆਦਮ ਦੀ ਔਲਾਦ! ਕੀ ਮੈਂ ਨੇ ਤੁਹਾਨੂੰ ਇਹ ਹਿਦਾਇਤ ਨਹੀਂ ਸੀ ਦਿੱਤੀ ਕਿ ਤੁਸੀਂ ਸ਼ੈਤਾਨ ਦੀ ਬੰਦਗੀ ਨਾ ਕਰੀਓ, ਉਹ ਤਾਂ ਤੁਹਾਡਾ ਖੁੱਲ੍ਹਾ ਵੈਰੀ ਹੈ।

أَلَمْ أَعْهَدْ إِلَيْكُمْ يَا بَنِي آدَمَ أَن لَّا تَعْبُدُوا
الشَّيْطَانَ ۖ إِنَّهُ لَكُمْ عَدُوٌّ مُّبِينٌ ﴿٦٠﴾

وَأَنِ اعْبُدُونِي ۚ هَٰذَا صِرَاطٌ مُّسْتَقِيمٌ ﴿٦١﴾

61. ਸਗੋਂ ਮੇਰੀ ਹੀ ਇਬਾਦਤ ਕਰਨਾ, ਇਹੋ ਸਿੱਧੀ ਰਾਹ ਹੈ।[1]

وَلَقَدْ أَضَلَّ مِنكُمْ جِبِلًّا كَثِيرًا ۖ أَفَلَمْ تَكُونُوا تَعْقِلُونَ ﴿٦٢﴾

62. ਬੇਸ਼ੱਕ ਉਸ (ਸ਼ੈਤਾਨ ਨੇ ਤਾਂ ਤੁਹਾਡੇ ਵਿੱਚੋਂ ਬਈਆਂ ਨੂੰ ਕੁਰਾਹੇ ਪਾ ਦਿੱਤਾ ਹੈ। ਕੀ ਤੁਹਾਨੂੰ ਉੱਕਾ ਵੀ ਅਕਲ ਨਹੀਂ?

هَٰذِهِ جَهَنَّمُ الَّتِي كُنتُمْ تُوعَدُونَ ﴿٦٣﴾

63. (ਵੇਖੋ) ਇਹੀ ਉਹ ਨਰਕ ਹੈ ਜਿਸ ਦਾ ਤੁਹਾਡੇ ਨਾਲ ਵਾਅਦਾ ਕੀਤਾ ਗਿਆ ਸੀ।

اصْلَوْهَا الْيَوْمَ بِمَا كُنتُمْ تَكْفُرُونَ ﴿٦٤﴾

64. ਅੱਜ ਇਸ ਵਿਚ ਪ੍ਰਵੇਸ਼ ਕਰ ਜਾਓ। ਕਿਉਂ ਜੋ ਤੁਸੀਂ ਕੁਫ਼ਰ ਕੀਤਿਆ ਕਰਦੇ ਸੀ।

الْيَوْمَ نَخْتِمُ عَلَىٰ أَفْوَاهِهِمْ وَتُكَلِّمُنَا أَيْدِيهِمْ وَتَشْهَدُ أَرْجُلُهُم بِمَا كَانُوا يَكْسِبُونَ ﴿٦٥﴾

65. ਅੱਜ (ਕਿਆਮਤ ਦਿਹਾੜੇ) ਅਸੀਂ ਉਹਨਾਂ (ਕਾਫ਼ਿਰਾਂ) ਦੇ ਮੂੰਹਾਂ 'ਤੇ ਮੋਹਰਾਂ ਲਾ ਦੇਵਾਂਗੇ ਅਤੇ ਉਹਨਾਂ ਦੇ ਹੱਥ ਸਾਡੇ ਨਾਲ (ਭਾਵ ਅੱਲਾਹ ਨਾਲ) ਗੱਲਾਂ ਕਰਨਗੇ ਅਤੇ ਉਹਨਾਂ ਦੇ ਪੈਰ ਉਹਨਾਂ ਦੇ ਕੰਮਾਂ ਦੀ ਗਵਾਹੀਆਂ ਦੇਣਗੇ ਜੋ ਉਹ (ਸੰਸਾਰ ਵਿਚ) ਕਰਦੇ ਸਨ।

وَلَوْ نَشَاءُ لَطَمَسْنَا عَلَىٰ أَعْيُنِهِمْ فَاسْتَبَقُوا الصِّرَاطَ فَأَنَّىٰ يُبْصِرُونَ ﴿٦٦﴾

66. ਜੇ ਅਸੀਂ ਚਾਹੀਏ ਤਾਂ ਅਸੀਂ ਉਹਨਾਂ (ਕਾਫ਼ਿਰਾਂ) ਨੂੰ ਅੱਖਾਂ ਤੋਂ ਅੰਨ੍ਹਾ ਕਰ ਦਈਏ ਫੇਰ ਉਹ (ਰਾਹ ਲੱਭਣ ਲਈ) ਨੱਸਦੇ, ਪ੍ਰੰਤੂ ਉਹਨਾਂ ਨੂੰ ਵਿਖਾਈ ਕਿਵੇਂ ਦੇਵੇਗਾ?

وَلَوْ نَشَاءُ لَمَسَخْنَاهُمْ عَلَىٰ مَكَانَتِهِمْ فَمَا اسْتَطَاعُوا مُضِيًّا وَلَا يَرْجِعُونَ ﴿٦٧﴾

67. ਜੇ ਅਸੀਂ ਚਾਹੁੰਦੇ ਤਾਂ ਇਸੇ ਥਾਂ ਉਹਨਾਂ ਦੀਆਂ ਸ਼ਕਲਾਂ ਨੂੰ ਵਿਗਾੜ ਦਿੰਦੇ ਫੇਰ ਉਹ ਨਾ ਹੀ ਅੱਗੇ ਜਾ ਸਕਣਗੇ ਅਤੇ ਨਾ ਹੀ ਪਿੱਛੇ ਮੁੜ ਸਕਣਗੇ।[2]

وَمَن نُّعَمِّرْهُ نُنَكِّسْهُ فِي الْخَلْقِ ۖ أَفَلَا يَعْقِلُونَ ﴿٦٨﴾

68. ਜਿਸ ਵਿਅਕਤੀ ਨੂੰ ਅਸੀਂ ਵੱਡੀ ਉਮਰ (ਭਾਵ ਬੁਢਾਪਾ) ਦਿੰਦੇ ਹਾਂ, ਤਾਂ ਉਸ ਨੂੰ ਪੈਦਾ ਹੋਣ ਵਾਲੀ ਸਥਿਤੀ (ਭਾਵ ਬਚਪਨ) ਵੱਲ ਉਲਟਾ ਦਿੰਦੇ ਹਾਂ। ਕੀ ਉਹ ਫੇਰ ਵੀ ਨਹੀਂ ਸਮਝਦੇ?

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 22/2

[2] ਵੇਖੋ ਸੂਰਤ ਆਲੇ ਇਮਰਾਨ, ਹਾਸ਼ੀਆ ਆਇਤ 91/3

وَمَا عَلَّمْنَاهُ الشِّعْرَ وَمَا يَنبَغِي لَهُ ۚ إِنْ هُوَ إِلَّا
ذِكْرٌ وَقُرْآنٌ مُّبِينٌ ٦٩

69. ਅਸੀਂ ਇਸ (ਮੁਹੰਮਦ ਸ:) ਨੂੰ ਕਵਿਤਾ ਕਹਿਣੀ ਨਹੀਂ ਸਿਖਾਈ ਅਤੇ ਨਾ ਹੀ ਇਸ ਨੂੰ ਸ਼ੋਭਦਾ ਹੈ। ਇਹ (ਰੱਬੀ ਬਾਣੀ) ਤਾਂ ਕੇਵਲ ਇਕ ਨਸੀਹਤ ਤੇ ਖੁੱਲ੍ਹੇ ਰੂਪ ਵਿਚ .ਕੁਰਆਨ ਹੈ।

لِّيُنذِرَ مَن كَانَ حَيًّا وَيَحِقَّ الْقَوْلُ عَلَى
الْكَافِرِينَ ٧٠

70. ਤਾਂ ਜੋ ਉਹ (ਨਬੀ) ਉਸ ਨੂੰ (ਕੁਰਆਨ ਰਾਹੀਂ) ਰੱਬ ਦੇ ਅਜ਼ਾਬ ਤੋਂ ਸਾਵਧਾਨ ਕਰੇ ਜਿਹੜਾ ਜਿਊਂਦਾ ਹੈ (ਭਾਵ ਜਿਸ ਦੀ ਅਕਲ ਨਹੀਂ ਮਰੀ) ਅਤੇ ਕਾਫ਼ਿਰਾਂ ਲਈ (ਅਜ਼ਾਬ ਦੇਣ ਦੀ) ਹੁੱਜਤ ਪੂਰੀ ਹੋ ਜਾਵੇ।

أَوَلَمْ يَرَوْا أَنَّا خَلَقْنَا لَهُم مِّمَّا عَمِلَتْ
أَيْدِينَا أَنْعَامًا فَهُمْ لَهَا مَالِكُونَ ٧١

71. ਕੀ ਉਹ (ਕਾਫ਼ਿਰ) ਨਹੀਂ ਵੇਖਦੇ ਕਿ ਅਸੀਂ ਆਪਣੇ ਹੱਥੀਂ ਬਣਾਈਆਂ ਹੋਈਆਂ ਚੀਜ਼ਾਂ ਵਿੱਚੋਂ ਉਹਨਾਂ ਲਈ ਪਸ਼ੂ ਪੈਦਾ ਕੀਤੇ ਜਿਨ੍ਹਾਂ ਦੇ ਉਹ ਮਾਲਿਕ ਬਣ ਗਏ ਹਨ।

وَذَلَّلْنَاهَا لَهُمْ فَمِنْهَا رَكُوبُهُمْ وَمِنْهَا يَأْكُلُونَ ٧٢

72. ਉਹਨਾਂ (ਪਸ਼ੂਆਂ) ਨੂੰ ਅਸੀਂ ਉਹਨਾਂ ਦੇ ਅਧੀਨ ਕਰ ਛੱਡਿਆ ਹੈ, ਸੋ ਇਹਨਾਂ ਵਿਚੋਂ ਕੁੱਝ ਪਸ਼ੂਆਂ (ਘੋੜਾ, ਗਧਾ ਊਠ ਆਦਿ) ਦੀ ਤਾਂ ਉਹ ਸਵਾਰੀ ਕਰਦੇ ਹਨ ਅਤੇ ਉਹਨਾਂ ਵਿਚੋਂ ਕੁੱਝ (ਪਸ਼ੂਆਂ) ਨੂੰ ਉਹ ਖਾਂਦੇ ਹਨ (ਜਿਵੇਂ ਬਕਰੀ, ਭੇਡ, ਊਠ, ਗਊ ਮੱਝ) ਆਦਿ।

وَلَهُمْ فِيهَا مَنَافِعُ وَمَشَارِبُ ۖ أَفَلَا يَشْكُرُونَ ٧٣

73. ਉਹਨਾਂ ਲਈ ਉਹਨਾਂ ਪਸ਼ੂਆਂ ਵਿਚ ਹੋਰ ਵੀ ਕਈ ਤਰ੍ਹਾਂ ਦੇ ਲਾਭ ਹਨ, (ਜਿਵੇਂ ਚਮੜੀ, ਵਾਲ, ਉੱਨ ਆਦਿ) ਅਤੇ ਪੀਣ ਲਈ (ਦੁੱਧ) ਹੈ। ਕੀ ਉਹ ਫੇਰ ਵੀ (ਰੱਬ ਦਾ) ਸ਼ੁਕਰ ਅਦਾ ਨਹੀਂ ਕਰਦੇ?

وَاتَّخَذُوا مِن دُونِ اللَّهِ آلِهَةً لَّعَلَّهُمْ
يُنصَرُونَ ٧٤

74. ਅਤੇ ਉਹਨਾਂ (ਕਾਫ਼ਿਰਾਂ) ਨੇ ਅੱਲਾਹ ਨੂੰ ਛੱਡ ਹੋਰਾਂ ਨੂੰ ਇਸ਼ਟ ਬਣਾ ਲਿਆ ਹੈ ਤਾਂ ਜੋ ਉਹਨਾਂ ਦੀ ਮਦਦ ਕਰ ਸਕਣ।

لَا يَسْتَطِيعُونَ نَصْرَهُمْ وَهُمْ لَهُمْ جُندٌ
مُّحْضَرُونَ ٧٥

75. ਜਦੋਂ ਕਿ ਉਹ (ਇਸ਼ਟਾਂ) ਉਹਨਾਂ ਦੀ ਮਦਦ ਨਹੀਂ ਕਰ ਸਕਦੇ ਸਗੋਂ ਇਹ (ਮੁਸ਼ਰਿਕ) ਤਾਂ ਉਲਟਾ ਉਹਨਾਂ (ਬੁਤਾਂ) ਦੀ ਮਦਦ ਕਰਨ ਲਈ ਹਰ ਵੇਲੇ ਹਾਜ਼ਿਰ ਰਹਿੰਦੇ ਹਨ।

76. ਸੋ (ਹੇ ਨਬੀ!) ਤੁਸੀਂ ਇਹਨਾਂ (ਕਾਫ਼ਿਰਾਂ) ਦੀਆਂ ਗੱਲਾਂ ਤੋਂ ਦੁਖੀ ਨਾ ਹੋਵੋ, ਅਸੀਂ ਉਹਨਾਂ (ਕਾਫ਼ਿਰਾਂ) ਦੀਆਂ ਖੁੱਲ੍ਹੀਆਂ ਤੇ ਲੁਕੀਆਂ ਹੋਈਆਂ ਸਾਰੀਆਂ ਗੱਲਾਂ ਦੀ ਜਾਣਕਾਰੀ ਰੱਖਦੇ ਹਾਂ।

فَلَا يَحْزُنْكَ قَوْلُهُمْ ۘ إِنَّا نَعْلَمُ مَا يُسِرُّونَ وَمَا يُعْلِنُونَ ٧٦

77. ਕੀ ਮਨੁੱਖ ਇਹ ਵੀ ਨਹੀਂ ਜਾਣਦਾ ਕਿ ਅਸੀਂ ਉਸ ਨੂੰ ਵੀਰਜ ਤੋਂ ਪੈਦਾ ਕੀਤਾ ਹੈ? ਫੇਰ ਉਹ (ਸਿਆਣਾ ਹੋਣ 'ਤੇ ਸਾਡੇ ਮੁਕਾਬਲੇ ਵਿਚ) ਇਕ ਦਮ ਝਗੜਾਲੂ ਬਣ ਗਿਆ।

أَوَلَمْ يَرَ الْإِنْسَانُ أَنَّا خَلَقْنَاهُ مِنْ نُطْفَةٍ فَإِذَا هُوَ خَصِيمٌ مُبِينٌ ٧٧

78. ਅਤੇ ਇਸ (ਝਗੜਾਲੂ ਮਨੁੱਖ) ਨੇ ਸਾਡੇ ਲਈ ਉਦਾਹਰਨ ਬਿਆਨ ਕੀਤੀ ਅਤੇ ਆਪਣੀ ਸਿਰਜਣਾ ਨੂੰ ਭੁੱਲ ਗਿਆ। ਆਖਣ ਲੱਗਾ ਕਿ ਉਹਨਾਂ ਗਲੀਆਂ ਸੜੀਆਂ ਹੱਡੀਆਂ ਨੂੰ ਕੌਣ ਜਿਊਂਦਾ ਕਰ ਸਕਦਾ ਹੈ।

وَضَرَبَ لَنَا مَثَلًا وَنَسِيَ خَلْقَهُ ۖ قَالَ مَنْ يُحْيِي الْعِظَامَ وَهِيَ رَمِيمٌ ٧٨

79. (ਹੇ ਨਬੀ!) ਤੁਸੀਂ ਕਹੋ ਕਿ ਉਹਨਾਂ (ਗਲੀਆਂ ਸੜੀਆਂ ਹੱਡੀਆਂ) ਨੂੰ ਉਹੀ (ਅੱਲਾਹ) ਜਿਊਂਦਾ ਕਰੇਗਾ, ਜਿਨ੍ਹੇ ਉਹਨਾਂ ਨੂੰ ਪਹਿਲੀ ਵਾਰ ਪੈਦਾ ਕੀਤਾ ਹੈ ਅਤੇ ਉਹ ਹਰ ਤਰ੍ਹਾਂ ਦੇ ਪੈਦਾ ਕਰਨ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

قُلْ يُحْيِيهَا الَّذِي أَنْشَأَهَا أَوَّلَ مَرَّةٍ ۖ وَهُوَ بِكُلِّ خَلْقٍ عَلِيمٌ ٧٩

80. ਉਹੀਓ (ਅੱਲਾਹ ਮੁੜ ਪੈਦਾ ਕਰੇਗਾ) ਜਿਸ ਨੇ ਤੁਹਾਡੇ ਲਈ ਹਰੇ ਭਰੇ ਰੁੱਖ ਤੋਂ ਅੱਗ (ਬਾਲਣ ਲਈ ਲੱਕੜ) ਬਣਾਈ ਜਿਸ ਤੋਂ ਤੁਸੀਂ ਅਚਣਚੇਤ ਅੱਗ ਬਾਲ ਲੈਂਦੇ ਹੋ।

الَّذِي جَعَلَ لَكُمْ مِنَ الشَّجَرِ الْأَخْضَرِ نَارًا فَإِذَا أَنْتُمْ مِنْهُ تُوقِدُونَ ٨٠

81. ਉਹੀ (ਅੱਲਾਹ ਮੁੜ ਪੈਦਾ ਕਰੇਗਾ) ਜਿਸ ਨੇ ਅਕਾਸ਼ਾਂ ਤੇ ਧਰਤੀ ਨੂੰ ਪੈਦਾ ਕੀਤਾ। ਕੀ ਉਹ ਉਹਨਾਂ ਵਰਗਿਆਂ ਨੂੰ (ਮੁੜ) ਪੈਦਾ ਕਰਨ ਦੀ ਸਮਰਥਾ ਨਹੀਂ ਰੱਖਦਾ? ਨਿਰਸੰਦੇਹ, ਸਮਰਥਾ ਰੱਖਦਾ ਹੈ, ਉਹੀਓ ਤਾਂ ਪੈਦਾ ਕਰਨ ਵਾਲਾ ਤੇ ਗਿਆਨ ਰੱਖਣ ਵਾਲਾ ਹੈ।

أَوَلَيْسَ الَّذِي خَلَقَ السَّمَاوَاتِ وَالْأَرْضَ بِقَادِرٍ عَلَىٰ أَنْ يَخْلُقَ مِثْلَهُمْ ۚ بَلَىٰ وَهُوَ الْخَلَّاقُ الْعَلِيمُ ٨١

إِنَّمَا أَمْرُهُ إِذَا أَرَادَ شَيْئًا أَنْ يَقُولَ لَهُ كُنْ فَيَكُونُ ۝

82 ਜਦੋਂ ਉਹ (ਅੱਲਾਹ) ਕੁੱਝ ਕਰਨਾ ਚਾਹੁੰਦਾ ਹੈ ਤਾਂ ਉਸ ਦਾ ਕੇਵਲ ਇੰਨਾ ਹੀ ਕਹਿਣਾ ਬਥੇਰਾ ਹੁੰਦਾ ਹੈ ਕਿ 'ਹੋ ਜਾ' ਤਾਂ ਉਹ (ਕੰਮ) ਹੋ ਜਾਂਦਾ ਹੈ।

فَسُبْحَانَ الَّذِي بِيَدِهِ مَلَكُوتُ كُلِّ شَيْءٍ وَإِلَيْهِ تُرْجَعُونَ ۝

83. ਪਾਕ ਹੈ ਉਹ ਅੱਲਾਹ ਜਿਸ ਦੇ ਹੱਥ ਵਿਚ ਹਰ ਚੀਜ਼ ਦੀ ਸੰਪੂਰਨ ਸੱਤਾ ਹੈ ਅਤੇ ਤੁਸੀਂ ਸਾਰੇ ਉਸੇ ਵੱਲ ਪਰਤਾਏ ਜਾਵੋਗੇ।

37. ਸੂਰਤ ਅਸ-ਸਾਫ਼ਾਤ (ਮੱਕੀ-56)

سُورَةُ الصَّافَّاتِ

(ਆਇਤਾਂ 182, ਰੁਕੂਅ 5)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

وَالصَّافَّاتِ صَفًّا ۝

1 ਕਸਮ ਹੈ (ਰੱਬ ਦੇ ਹਜ਼ੂਰ) ਕਤਾਰਾਂ ਬੰਨੀ ਖੜ੍ਹੇ (ਫ਼ਰਿਸ਼ਤਿਆਂ ਦੀ)।

فَالزَّاجِرَاتِ زَجْرًا ۝

2 ਕਸਮ ਹੈ (ਕਿਆਮਤ ਦਿਹਾੜੇ ਅਪਰਾਧੀਆਂ ਨੂੰ) ਝਿੜਕੀਆਂ ਦੇਣ ਵਾਲੇ (ਫ਼ਰਿਸ਼ਤਿਆਂ ਦੀ)।

فَالتَّالِيَاتِ ذِكْرًا ۝

3 ਫੇਰ ਕਸਮ ਉਹਨਾਂ ਦੀ ਜਿਹੜੇ ਕੁਰਆਨ ਪੜ੍ਹਦੇ ਹਨ।

إِنَّ إِلَٰهَكُمْ لَوَاحِدٌ ۝

4. ਨਿਰਸੰਦੇਹ, ਤੁਹਾਡਾ ਸਭ ਦਾ ਇਸ਼ਟ ਇੱਕੋ ਇੱਕ (ਅੱਲਾਹ) ਹੈ।

رَبُّ السَّمَاوَاتِ وَالْأَرْضِ وَمَا بَيْنَهُمَا وَرَبُّ الْمَشَارِقِ ۝

5 ਉਹੀ ਅਕਾਸ਼ਾਂ ਤੇ ਧਰਤੀ ਦਾ ਅਤੇ ਉਹਨਾਂ ਦੋਵਾਂ ਵਿਚਕਾਰ ਸਾਰੀਆਂ ਚੀਜ਼ਾਂ ਦਾ ਮਾਲਿਕ ਹੈ ਅਤੇ ਸਾਰੀਆਂ ਪੂਰਬੀ ਦਿਸ਼ਾਵਾਂ ਦਾ ਵੀ ਮਾਲਿਕ ਹੈ।

إِنَّا زَيَّنَّا السَّمَاءَ الدُّنْيَا بِزِينَةٍ الْكَوَاكِبِ ۝

6. ਅਸੀਂ ਸੰਸਾਰਿਕ ਅਕਾਸ਼ ਨੂੰ ਤਾਰਿਆਂ ਦੇ ਸੋਹੱਪਣ ਨਾਲ ਸਜਾਇਆ ਹੈ।[1]

---

[1] ਵੇਖੋ ਸੂਰਤ ਅਲ-ਅਨਾਮ, ਹਾਸ਼ੀਆ ਆਇਤ 97/6

7 ਅਤੇ ਹਰੇਕ ਸਰਕਸ਼ ਸ਼ੈਤਾਨ ਤੋਂ ਉਸ ਨੂੰ ਸੁਰੱਖਿਅਤ ਰੱਖਣ ਦਾ ਪ੍ਰਬੰਧ ਕੀਤਾ ਹੈ।

وَحِفْظًا مِّن كُلِّ شَيْطَانٍ مَّارِدٍ (7)

8. ਤਾਂ ਜੋ ਉਹ (ਸ਼ੈਤਾਨ) ਸਰਵਉੱਚ (ਰੱਬੀ) ਦਰਬਾਰ ਦੀਆਂ ਗੱਲਾਂ ਨਾ ਸੁਣ ਸਕਣ, ਸਗੋਂ ਹਰ ਪਾਸਿਓਂ ਉਹਨਾਂ 'ਤੇ ਸ਼ਹਾਬ (ਤਾਰੇ) ਸੁੱਟੇ ਜਾਂਦੇ ਹਨ।

لَّا يَسَّمَّعُونَ إِلَى الْمَلَإِ الْأَعْلَىٰ وَيُقْذَفُونَ مِن كُلِّ جَانِبٍ (8)

9. (ਇਹ ਤਾਰੇ) ਉਹਨਾਂ ਨੂੰ ਨਠਾਉਣ ਲਈ ਸੁੱਟੇ ਜਾਂਦੇ ਹਨ ਅਤੇ ਉਹਨਾਂ ਲਈ ਸਦੀਵੀ ਅਜ਼ਾਬ ਹੈ।

دُحُورًا وَلَهُمْ عَذَابٌ وَاصِبٌ (9)

10 ਪਰ ਜੋ ਕੋਈ (ਸ਼ੈਤਾਨ) ਉੱਥਿਓਂ ਇਕ ਅੱਧ ਗੱਲ ਸੁਣ ਕੇ ਨੱਸ ਵੀ ਜਾਵੇ ਤਾਂ ਉਹ ਦਾ ਪਿੱਛਾ ਇਕ ਦਹਕਦਾ ਹੋਇਆ ਅੰਗਿਆਰਾ ਕਰਦਾ ਹੈ।

إِلَّا مَنْ خَطِفَ الْخَطْفَةَ فَأَتْبَعَهُ شِهَابٌ ثَاقِبٌ (10)

11. (ਹੇ ਨਬੀ!) ਇਹਨਾਂ (ਕਾਫ਼ਿਰਾਂ) ਤੋਂ ਪੁੱਛੋ, ਕੀ ਉਹਨਾਂ ਨੂੰ ਪੈਦਾ ਕਰਨਾ ਵਧੇਰੇ ਔਖਾ ਹੈ ਜਾਂ ਜੋ ਅਸੀਂ ਪੈਦਾ ਕਰ ਚੁੱਕੇ ਹਾਂ? ਬੇਸ਼ੱਕ ਅਸੀਂ ਇਹਨਾਂ (ਮਨੁੱਖਾਂ ਨੂੰ) ਇਕ ਲੇਸਦਾਰ ਚੀਕਣੀ ਮਿੱਟੀ ਤੋਂ ਪੈਦਾ ਕੀਤਾ ਹੈ।

فَاسْتَفْتِهِمْ أَهُمْ أَشَدُّ خَلْقًا أَم مَّنْ خَلَقْنَا ۚ إِنَّا خَلَقْنَاهُم مِّن طِينٍ لَّازِبٍ (11)

12. (ਹੇ ਨਬੀ!) ਤੁਸੀਂ ਤਾਂ (ਪਰਲੋਕ ਦੇ ਇਨਕਾਰ ਕਰਨ 'ਤੇ) ਹੈਰਾਨ ਹੁੰਦੇ ਹੋ, ਜਦ ਕਿ ਉਹ ਇਸ ਦਾ ਮਖ਼ੌਲ ਕਰਦੇ ਹਨ।

بَلْ عَجِبْتَ وَيَسْخَرُونَ (12)

13 ਜਦੋਂ ਉਹਨਾਂ ਨੂੰ ਸਮਝਾਇਆ ਜਾਂਦਾ ਹੈ ਤਾਂ ਵੀ ਨਹੀਂ ਸਮਝਦੇ।

وَإِذَا ذُكِّرُوا لَا يَذْكُرُونَ (13)

14. ਅਤੇ ਜਦੋਂ ਕਿਸੇ ਨਿਸ਼ਾਨੀ ਨੂੰ ਵੇਖਦੇ ਹਨ ਤਾਂ ਮਖ਼ੌਲ ਕਰਦੇ ਹਨ।

وَإِذَا رَأَوْا آيَةً يَسْتَسْخِرُونَ (14)

15 ਅਤੇ ਆਖਦੇ ਹਨ ਕਿ ਇਹ ਤਾਂ ਖੁੱਲ੍ਹਮ-ਖੁੱਲ੍ਹਾ ਇਕ ਜਾਦੂ ਹੈ।

وَقَالُوا إِنْ هَٰذَا إِلَّا سِحْرٌ مُّبِينٌ (15)

16. (ਪੁੱਛਦੇ ਹਨ) ਕਿ ਜਦੋਂ ਅਸੀਂ ਮਰ ਜਾਵਾਂਗੇ ਅਤੇ ਮਿੱਟੀ ਤੇ ਹੱਡੀ ਹੋ ਜਾਵਾਂਗੇ ਤਾਂ ਕੀ ਅਸੀਂ ਮੁੜ ਜਿਊਂਦੇ ਕੀਤੇ ਜਾਵਾਂਗੇ?

أَإِذَا مِتْنَا وَكُنَّا تُرَابًا وَعِظَامًا أَإِنَّا لَمَبْعُوثُونَ (16)

17. ਕੀ ਸਾਥੋਂ ਪਹਿਲਾਂ ਮਰੇ ਹੋਏ ਪਿਓ ਦਾਦੇ ਵੀ (ਜਿਊਂਦੇ ਕੀਤੇ ਜਾਣਗੇ)?

أَوَآبَاؤُنَا الْأَوَّلُونَ (17)

18. ਤੁਸੀਂ (ਹੇ ਨਬੀ!) ਆਖੋ ਕਿ 'ਹਾਂ' ਅਤੇ (ਉਸੇ ਵੇਲੇ) ਤੁਸੀਂ (ਲੋਕ) ਜ਼ਲੀਲ ਵੀ ਹੋਵੋਗੇ।

قُلْ نَعَمْ وَأَنتُمْ دَاخِرُونَ (18)

19. ਉਹ (ਕਿਆਮਤ ਦਿਹਾੜੇ ਉਠਾਣਾ) ਤਾਂ ਇਕ ਝਿੜਕੀ ਵਾਂਗ ਹੈ ਅਤੇ ਅਚਣਚੇਤ ਉਹ (ਜਿਊਂਦੇ ਹੋ ਕੇ) ਵੇਖਣਗੇ।

فَإِنَّمَا هِيَ زَجْرَةٌ وَاحِدَةٌ فَإِذَا هُمْ يَنظُرُونَ (19)

20. ਅਤੇ ਆਖਣਗੇ, ਹਾਏ ਸਾਡੇ ਮਾੜੇ ਭਾਗ! ਇਹ ਤਾਂ ਬਦਲਾ ਮਿਲਣ ਵਾਲਾ ਦਿਨ ਹੈ।

وَقَالُوا يَا وَيْلَنَا هَٰذَا يَوْمُ الدِّينِ (20)

21. (ਉਹਨਾਂ ਨੂੰ ਕਿਹਾ ਜਾਵੇਗਾ ਕਿ) ਇਹ ਫ਼ੈਸਲਿਆਂ ਦਾ ਵੇਲਾ ਹੈ, ਜਿਸ ਨੂੰ ਤੁਸੀਂ ਝੁਠਲਾਇਆ ਕਰਦੇ ਸੀ।

هَٰذَا يَوْمُ الْفَصْلِ الَّذِي كُنتُم بِهِ تُكَذِّبُونَ (21)

22. (ਹੇ ਫ਼ਰਿਸ਼ਤਿਓ!) ਉਹਨਾਂ ਲੋਕਾਂ ਨੂੰ ਇਕੱਠਾ ਕਰੋ ਜਿਨ੍ਹਾਂ ਨੇ ਜ਼ੁਲਮ (ਸ਼ਿਰਕ) ਕੀਤਾ ਸੀ ਫੇਰ ਉਹਨਾਂ ਦੇ ਸਾਥੀਆਂ ਨੂੰ ਅਤੇ ਉਹਨਾਂ (ਇਸ਼ਟ) ਨੂੰ ਵੀ ਇਕੱਠਾ ਕਰੋ, ਜਿਨ੍ਹਾਂ ਦੀ ਉਹ (ਕਾਫ਼ਿਰ) ਪੂਜਾ ਕਰਦੇ ਸਨ।

احْشُرُوا الَّذِينَ ظَلَمُوا وَأَزْوَاجَهُمْ وَمَا كَانُوا يَعْبُدُونَ (22)

23. ਅਤੇ (ਜਿਹੜੇ) ਅੱਲਾਹ ਨੂੰ ਛੱਡ ਹੋਰਾਂ ਦੀ ਪੂਜਾ ਕਰਦੇ ਸਨ, ਉਹਨਾਂ ਸਭ ਨੂੰ ਨਰਕ ਦੀ ਰਾਹ ਵਿਖਾਓ।

مِن دُونِ اللَّهِ فَاهْدُوهُمْ إِلَىٰ صِرَاطِ الْجَحِيمِ (23)

24. ਉਹਨਾਂ (ਜ਼ਾਲਮਾਂ) ਨੂੰ ਰੋਕੋ, ਬੇਸ਼ੱਕ ਉਹਨਾਂ ਤੋਂ ਪੁੱਛ-ਗਿੱਛ ਕੀਤੀ ਜਾਵੇਗੀ।

وَقِفُوهُمْ إِنَّهُم مَّسْئُولُونَ (24)

25. (ਕਿਹਾ ਜਾਵੇਗਾ) ਤੁਹਾਨੂੰ ਕੀ ਹੋ ਗਿਆ ਕਿ ਤੁਸੀਂ ਇਕ ਦੂਜੇ ਦੀ ਸਹਾਇਤਾ ਨਹੀਂ ਕਰ ਰਹੇ?

مَا لَكُمْ لَا تَنَاصَرُونَ (25)

26. ਸਗੋਂ ਅੱਜ ਤਾਂ (ਸਾਰੇ ਹੀ) ਆਗਿਆਕਾਰੀ ਬਣ ਗਏ।

بَلْ هُمُ الْيَوْمَ مُسْتَسْلِمُونَ (26)

27. ਉਹ (ਇਨਕਾਰੀ) ਇਕ ਦੂਜੇ ਵੱਲ ਵੇਖਣਗੇ ਅਤੇ ਵਾਦ ਵਿਵਾਦ ਕਰਨਗੇ।

وَأَقْبَلَ بَعْضُهُمْ عَلَىٰ بَعْضٍ يَتَسَاءَلُونَ (27)

قَالُوٓا۟ إِنَّكُمْ كُنتُمْ تَأْتُونَنَا عَنِ ٱلْيَمِينِ ﴿٢٨﴾

28. ਪੈਰੋਕਾਰ ਆਖਣਗੇ, ਬੇਸ਼ੱਕ ਤੁਸੀਂ (ਸਾਨੂੰ ਕੁਰਾਹੇ ਪਾਉਣ ਲਈ) ਸਾਡੇ ਕੋਲ ਸੱਜੇ ਪਾਸਿਓਂ ਆਇਆ ਕਰਦੇ ਸੀ।

قَالُوا۟ بَل لَّمْ تَكُونُوا۟ مُؤْمِنِينَ ﴿29﴾

29. ਉਹ (ਇਸ਼ਟ) ਆਖਣਗੇ ਕਿ ਨਹੀਂ, ਸਗੋਂ ਤੁਸੀਂ ਆਪ ਹੀ ਈਮਾਨ ਲਿਆਉਣ ਵਾਲੇ ਨਹੀਂ ਸੀ।

وَمَا كَانَ لَنَا عَلَيْكُم مِّن سُلْطَٰنٍۭ ۖ بَلْ كُنتُمْ قَوْمًا طَٰغِينَ ﴿30﴾

30 ਅਤੇ ਤੁਹਾਡੇ 'ਤੇ ਸਾਡਾ ਕੁੱਝ ਵੀ ਜ਼ੋਰ ਨਹੀਂ ਸੀ, ਤੁਸੀਂ ਤਾਂ ਆਪੇ ਹੀ ਸਰਕਸ਼ ਸੀ।

فَحَقَّ عَلَيْنَا قَوْلُ رَبِّنَآ ۖ إِنَّا لَذَآئِقُونَ ﴿31﴾

31 ਹੁਣ ਤਾਂ ਸਾਡੇ 'ਤੇ ਸਾਡੇ ਰੱਬ ਦਾ ਇਹ ਕਹਿਣਾ ਸੱਚ ਸਿਧ ਹੋ ਗਿਆ ਹੈ ਕਿ ਬੇਸ਼ੱਕ ਅਸੀਂ (ਸਾਰੇ ਹੀ ਅਜ਼ਾਬ ਦਾ) ਸੁਆਦ ਚਖਣ ਵਾਲੇ ਹਾਂ।

فَأَغْوَيْنَٰكُمْ إِنَّا كُنَّا غَٰوِينَ ﴿32﴾

32 ਸੋ ਅਸੀਂ ਤੁਹਾਨੂੰ ਰਾਹੋਂ ਭਟਕਾਇਆ ਤੇ ਅਸੀਂ ਆਪ ਵੀ ਭਟਕੇ ਹੋਏ ਸੀ।

فَإِنَّهُمْ يَوْمَئِذٍ فِى ٱلْعَذَابِ مُشْتَرِكُونَ ﴿33﴾

33 ਉਸ ਦਿਨ ਉਹ ਸਾਰੇ ਅਜ਼ਾਬ ਵਿਚ ਭਾਈਵਾਲ ਹੋਣਗੇ।

إِنَّا كَذَٰلِكَ نَفْعَلُ بِٱلْمُجْرِمِينَ ﴿34﴾

34 ਅਸੀਂ ਅਪਰਾਧੀਆਂ ਨਾਲ ਇੰਜ ਹੀ ਕਰਿਆ ਕਰਦੇ ਹਾਂ।

إِنَّهُمْ كَانُوٓا۟ إِذَا قِيلَ لَهُمْ لَآ إِلَٰهَ إِلَّا ٱللَّهُ يَسْتَكْبِرُونَ ﴿35﴾

35 ਇਹ ਉਹ ਲੋਕ ਹਨ ਕਿ ਜਦੋਂ ਉਹਨਾਂ ਨੂੰ ਕਿਹਾ ਜਾਂਦਾ ਸੀ ਕਿ ਅੱਲਾਹ ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ ਤਾਂ ਉਹ ਹੰਕਾਰ ਕਰਦੇ ਸਨ।[1]

وَيَقُولُونَ أَئِنَّا لَتَارِكُوٓا۟ ءَالِهَتِنَا لِشَاعِرٍ مَّجْنُونٍۭ ﴿36﴾

36 ਅਤੇ ਕਹਿੰਦੇ ਸਨ, ਕੀ ਅਸੀਂ ਆਪਣੇ ਇਸ਼ਟਾਂ ਨੂੰ ਇਕ ਸੁਦਾਈ ਕਵੀ ਦੇ ਕਹਿਣੇ 'ਤੇ ਛੱਡ ਦਈਏ?

بَلْ جَآءَ بِٱلْحَقِّ وَصَدَّقَ ٱلْمُرْسَلِينَ ﴿37﴾

37. ਜਦ ਕਿ ਉਹ (ਮੁਹੰਮਦ) ਤਾਂ ਹੱਕ (ਸੱਚਾ ਦੀਨ) ਲੈ ਕੇ ਆਇਆ ਹੈ ਅਤੇ ਇਸ ਨੇ ਸਾਰੇ ਰਸੂਲਾਂ ਦੀ ਪੁਸ਼ਟੀ ਕੀਤੀ ਹੈ।

---

[1] ਵੇਖੋ ਸੂਰਤ ਅਲ-ਹੱਜ, ਹਾਸ਼ੀਆ ਆਇਤ 9/22

38. ਬੇਸ਼ੱਕ ਹੁਣ ਤੁਸੀਂ ਦਰਦਨਾਕ ਅਜ਼ਾਬ ਦਾ ਸੁਆਦ ਚਖੋਗੇ।

إِنَّكُمْ لَذَائِقُو الْعَذَابِ الْأَلِيمِ ﴿38﴾

39. ਹੁਣ ਤੁਹਾਨੂੰ ਤੁਹਾਡੇ ਕਰਮਾਂ ਦਾ ਬਦਲਾ ਦਿੱਤਾ ਜਾਵੇਗਾ ਜੋ ਤੁਸੀਂ (ਸੰਸਾਰ ਵਿਚ) ਕਰਦੇ ਸੀ।

وَمَا تُجْزَوْنَ إِلَّا مَا كُنْتُمْ تَعْمَلُونَ ﴿39﴾

40. ਪ੍ਰੰਤੂ ਅੱਲਾਹ ਦੇ 'ਚੋਣਵੇਂ ਬੰਦੇ (ਅਜ਼ਾਬ ਤੋਂ) ਸੁਰੱਖਿਅਤ ਰਹਿਣਗੇ।

إِلَّا عِبَادَ اللَّهِ الْمُخْلَصِينَ ﴿40﴾

41. ਉਹਨਾਂ ਲਈ ਜਾਣਿਆ-ਪਛਾਣਿਆ ਰਿਜ਼ਕ ਹੈ।

أُولَٰئِكَ لَهُمْ رِزْقٌ مَعْلُومٌ ﴿41﴾

42. (ਭਾਵ) ਜੰਨਤ ਦੇ ਸੁਆਦਲੇ ਫਲ ਹੋਣਗੇ ਅਤੇ ਉਹ ਜੰਨਤ ਵਾਸੀ ਸਤਿਕਾਰਯੋਗ ਹੋਣਗੇ।

فَوَاكِهُ وَهُمْ مُكْرَمُونَ ﴿42﴾

43. ਨਿਆਮਤਾਂ ਵਾਲੀ ਸਵਰਗ ਵਿਚ ਰੱਖਿਆ ਜਾਵੇਗਾ।

فِي جَنَّاتِ النَّعِيمِ ﴿43﴾

44. ਇਕ ਦੂਜੇ ਦੇ ਸਾਹਮਣੇ ਤਖ਼ਤਾਂ 'ਤੇ ਬੈਠੇ ਹੋਣਗੇ।

عَلَىٰ سُرُرٍ مُتَقَابِلِينَ ﴿44﴾

45 ਉਹਨਾਂ ਲਈ ਵਗਦੇ ਚਸ਼ਮਿਆਂ ਤੋਂ ਪਵਿੱਤਰ ਸ਼ਰਾਬ ਦਾ ਦੌਰ ਚੱਲ ਰਿਹਾ ਹੋਵੇਗਾ।

يُطَافُ عَلَيْهِمْ بِكَأْسٍ مِنْ مَعِينٍ ﴿45﴾

46. (ਉਹ ਸ਼ਰਾਬ) ਵੇਖਣ ਵਿਚ ਸਫ਼ੇਦ (ਸਾਫ਼-ਸੁਥਰੀ) ਹੋਵੇਗੀ ਅਤੇ ਪੀਣ ਵਾਲਿਆਂ ਲਈ ਸੁਆਦਲੀ ਹੋਵੇਗੀ।

بَيْضَاءَ لَذَّةٍ لِلشَّارِبِينَ ﴿46﴾

47. ਨਾ ਉਸ ਦੇ ਪੀਣ ਨਾਲ ਸਿਰ ਚਕਰਾਵੇਗਾ ਅਤੇ ਨਾ ਹੀ ਮੱਤ ਮਾਰੀ ਜਾਵੇਗੀ।

لَا فِيهَا غَوْلٌ وَلَا هُمْ عَنْهَا يُنْزَفُونَ ﴿47﴾

48. ਅਤੇ ਉਹਨਾਂ (ਜੰਨਤੀਆਂ) ਦੇ ਕੋਲ ਨਜ਼ਰਾਂ ਨੂੰ ਨੀਵੀਆਂ ਰੱਖਣ ਵਾਲੀਆਂ ਤੇ ਵੱਡੀਆਂ-ਵੱਡੀਆਂ (ਸੋਹਣੀਆਂ) ਅੱਖਾਂ ਵਾਲੀਆਂ (ਹੂਰਾਂ) ਹੋਣਗੀਆਂ।

وَعِنْدَهُمْ قَاصِرَاتُ الطَّرْفِ عِينٌ ﴿48﴾

49. ਜਿਵੇਂ ਉਹ ਅੱਖਾਂ (ਸ਼ੁਤਰ ਮੁਰਗ ਦੇ) ਆਂਡੇ ਹੋਣ, ਜਿਹੜੇ ਪਰਦਿਆਂ ਵਿਚ ਲੁਕਾਏ ਹੋਏ ਹਨ।

كَأَنَّهُنَّ بَيْضٌ مَكْنُونٌ ﴿49﴾

50 ਉਹ (ਜੰਨਤੀ) ਇਕ ਦੂਜੇ ਵੱਲ ਮੂੰਹ ਕਰਕੇ (ਇਕ ਦੂਜੇ ਦਾ ਹਾਲ) ਪੁੱਛਣਗੇ।

فَأَقْبَلَ بَعْضُهُمْ عَلَىٰ بَعْضٍ يَتَسَاءَلُونَ ۝50

51 ਉਹਨਾਂ (ਜੰਨਤੀਆਂ) ਵਿੱਚੋਂ ਇਕ ਆਖੇਗਾ ਕਿ (ਸੰਸਾਰ ਵਿਚ) ਮੇਰਾ ਇਕ ਸਾਥੀ ਸੀ

قَالَ قَائِلٌ مِّنْهُمْ إِنِّي كَانَ لِي قَرِينٌ ۝51

52. ਜਿਹੜਾ (ਮੈਨੂੰ) ਕਿਹਾ ਕਰਦਾ ਸੀ ਕਿ ਕੀ ਤੂੰ ਵੀ (ਕਿਆਮਤ ਦੇ ਆਉਣ ਦੀ) ਪੁਸ਼ਟੀ ਕਰਨ ਵਾਲਿਆਂ ਵਿੱਚੋਂ ਹੈਂ?

يَقُولُ أَئِنَّكَ لَمِنَ الْمُصَدِّقِينَ ۝52

53 ਕੀ ਜਦੋਂ ਅਸੀਂ ਮਰ ਜਾਵਾਂਗੇ ਤੇ ਹੱਡੀਆਂ ਹੋ ਜਾਵਾਂਗੇ ਤਾਂ ਕੀ ਸਾਨੂੰ (ਮੁੜ ਜਿਊਂਦਾ ਕਰਕੇ ਕਰਮਾਂ ਅਨੁਸਾਰ) ਬਦਲਾ ਦਿੱਤਾ ਜਾਵੇਗਾ?

أَئِذَا مِتْنَا وَكُنَّا تُرَابًا وَعِظَامًا أَئِنَّا
لَمَدِينُونَ ۝53

54 ਉਹ (ਜੰਨਤੀ ਸਾਥੀਆਂ ਨੂੰ) ਆਖੇਗਾ ਕਿ ਜੇ ਤੂੰ (ਉਸ ਇਨਕਾਰੀ ਨੂੰ) ਵੇਖਣਾ ਚਾਹੁੰਦਾ ਹੈ ਤਾਂ (ਨਰਕ ਵਿਚ) ਝਾਤੀ ਮਾਰ ਕੇ ਵੇਖ ਲੈ।

قَالَ هَلْ أَنتُم مُّطَّلِعُونَ ۝54

55 ਜਦੋਂ ਉਹ ਝਾਤੀ ਮਾਰੇਗਾ ਤਾਂ ਉਸ ਨੂੰ ਨਰਕ ਦੇ ਵਿਚਾਲੇ (ਜਲਦਾ ਹੋਇਆ) ਵੇਖੇਗਾ।

فَاطَّلَعَ فَرَآهُ فِي سَوَاءِ الْجَحِيمِ ۝55

56 ਜੰਨਤੀ ਉਸ ਨੂੰ ਆਖੇਗਾ ਕਿ ਅੱਲਾਹ ਦੀ ਸਹੁੰ, ਤੂੰ ਤਾਂ ਮੈਨੂੰ ਵੀ ਬਰਬਾਦ ਕਰਨਾ ਚਾਹੁੰਦਾ ਸੀ।

قَالَ تَاللَّهِ إِن كِدتَّ لَتُرْدِينِ ۝56

57. ਜੇ ਮੇਰੇ ਰੱਬ ਦੀ ਮੇਰੇ 'ਤੇ ਕ੍ਰਿਪਾ ਨਾ ਹੁੰਦੀ ਤਾਂ ਅੱਜ ਮੈਂ ਵੀ ਨਰਕ ਵਿਚ ਇਹਨਾਂ ਅਪਰਾਧੀਆਂ ਵਾਂਗ ਹਾਜ਼ਰ ਕੀਤਾ ਗਿਆ ਹੁੰਦਾ।

وَلَوْلَا نِعْمَةُ رَبِّي لَكُنتُ مِنَ الْمُحْضَرِينَ ۝57

58 (ਜੰਨਤੀ ਆਖੇਗਾ) ਕੀ ਮੈਂ ਤੈਨੂੰ ਨਹੀਂ ਸੀ ਕਹਿੰਦਾ ਕਿ ਹੁਣ ਅਸੀਂ ਨਹੀਂ ਮਰਾਂਗੇ?

أَفَمَا نَحْنُ بِمَيِّتِينَ ۝58

59 (ਹਾਂ ਕੋਈ ਮੌਤ ਨਹੀਂ) ਛੁੱਟ ਪਹਿਲੀ (ਸੰਸਾਰਿਕ) ਮੌਤ ਤੋਂ ਅਤੇ ਨਾ ਹੀ ਸਾਨੂੰ (ਪਰਲੋਕ ਵਿਚ) ਕੋਈ ਅਜ਼ਾਬ ਦਿੱਤਾ ਜਾਵੇਗਾ।

إِلَّا مَوْتَتَنَا الْأُولَىٰ وَمَا نَحْنُ بِمُعَذَّبِينَ ۝59

60 ਨਿਰਸੰਦੇਹ, ਇਹੋ ਸਭ ਤੋਂ ਵੱਡੀ ਕਾਮਯਾਬੀ ਹੈ।

إِنَّ هَٰذَا لَهُوَ الْفَوْزُ الْعَظِيمُ ۝60

61. ਅਮਲ ਕਰਨ ਵਾਲਿਆਂ ਨੂੰ ਅਜਿਹੀ ਸਫ਼ਲਤਾ
ਲਈ ਹੀ ਅਮਲ ਕਰਨੇ ਚਾਹੀਦੇ ਹਨ।

لِمِثْلِ هَٰذَا فَلْيَعْمَلِ الْعَامِلُونَ ﴿٦١﴾

62 ਕੀ ਇਹ (ਜੰਨਤ ਦੀ) ਮਹਿਮਾਨਦਾਰੀ ਚੰਗੀ
ਹੈ ਜਾਂ (ਨਰਕ ਵਿਚ) ਥੋਹਰ ਦਾ ਰੁੱਖ?

أَذَٰلِكَ خَيْرٌ نُّزُلًا أَمْ شَجَرَةُ الزَّقُّومِ ﴿٦٢﴾

63 ਜਿਸ ਨੂੰ ਅਸੀਂ ਜ਼ਾਲਮਾਂ ਲਈ ਪ੍ਰੀਖਿਆ ਬਣਾ
ਛੱਡਿਆ ਹੈ।

إِنَّا جَعَلْنَاهَا فِتْنَةً لِّلظَّالِمِينَ ﴿٦٣﴾

64 ਇਹ ਉਹ ਰੁੱਖ ਹੈ ਜਿਹੜਾ ਨਰਕ ਦੇ ਹੇਠ ਤੋਂ
ਨਿਕਲਦਾ ਹੈ।

إِنَّهَا شَجَرَةٌ تَخْرُجُ فِي أَصْلِ الْجَحِيمِ ﴿٦٤﴾

65 ਉਸ ਦੇ ਫਲ ਸ਼ੈਤਾਨ ਦੇ ਸਿਰਾਂ ਵਾਂਗ ਹਨ।

طَلْعُهَا كَأَنَّهُ رُءُوسُ الشَّيَاطِينِ ﴿٦٥﴾

66. ਉਹਨਾਂ ਰੁੱਖਾਂ (ਦੇ ਫਲਾਂ) ਵਿੱਚੋਂ ਹੀ (ਨਰਕਧਾਰੀ)
ਖਾਣਗੇ ਅਤੇ ਆਪਣੇ ਢਿੱਡ ਭਰਨਗੇ।

فَإِنَّهُمْ لَآكِلُونَ مِنْهَا فَمَالِئُونَ مِنْهَا الْبُطُونَ ﴿٦٦﴾

67 ਫੇਰ ਉਹਨਾਂ ਨੂੰ ਖੌਲਦਾ ਹੋਇਆ ਪਾਣੀ ਪੀਣ
ਨੂੰ ਮਿਲੇਗਾ।

ثُمَّ إِنَّ لَهُمْ عَلَيْهَا لَشَوْبًا مِّنْ حَمِيمٍ ﴿٦٧﴾

68 (ਖਾਣ ਪੀਣ ਮਗਰੋਂ) ਉਹਨਾਂ ਦੀ ਵਾਪਸੀ ਮੁੜ
ਭੜਕਦੀ ਅੱਗ ਵੱਲ ਹੋਵੇਗੀ।

ثُمَّ إِنَّ مَرْجِعَهُمْ لَإِلَى الْجَحِيمِ ﴿٦٨﴾

69 ਇਹ ਉਹ ਲੋਕ ਹਨ ਜਿਨ੍ਹਾਂ ਨੇ ਆਪਣੇ ਪਿਓ
ਦਾਦਿਆਂ ਨੂੰ ਕੁਰਾਹੇ ਪਿਆ ਹੋਇਆ ਵੇਖਿਆ।

إِنَّهُمْ أَلْفَوْا آبَاءَهُمْ ضَالِّينَ ﴿٦٩﴾

70 ਅਤੇ ਉਹਨਾਂ ਦੀ ਹੀ ਪੈਰਵੀ ਕਰਨ ਲਈ
ਉਹਨਾਂ ਦੇ ਪਿੱਛੇ ਨੱਠੇ ਚਲੇ ਗਏ।

فَهُمْ عَلَىٰ آثَارِهِمْ يُهْرَعُونَ ﴿٧٠﴾

71 ਬੇਸ਼ੱਕ ਉਹਨਾਂ ਤੋਂ ਪਹਿਲਾਂ ਵੀ ਵਧੇਰੇ ਲੋਕ
ਕੁਰਾਹੇ ਪੈ ਚੁੱਕੇ ਹਨ।

وَلَقَدْ ضَلَّ قَبْلَهُمْ أَكْثَرُ الْأَوَّلِينَ ﴿٧١﴾

72 ਅਤੇ ਅਸੀਂ ਉਹਨਾਂ ਵਿਚ (ਨਰਕ ਤੋਂ) ਡਰਾਉਣ
ਵਾਲੇ (ਪੈਗ਼ੰਬਰ) ਵੀ ਭੇਜੇ ਸਨ।

وَلَقَدْ أَرْسَلْنَا فِيهِمْ مُّنذِرِينَ ﴿٧٢﴾

73 ਹੁਣ ਤੂੰ ਵੇਖ, ਜਿਨ੍ਹਾਂ ਨੂੰ ਡਰਾਇਆ ਗਿਆ ਸੀ
(ਪ੍ਰੰਤੂ ਨਾ ਡਰੇ) ਉਹਨਾਂ ਦਾ ਅੰਤ ਕਿਹੋ ਜਿਹਾ ਹੋਇਆ।

فَانظُرْ كَيْفَ كَانَ عَاقِبَةُ الْمُنذَرِينَ ﴿٧٣﴾

74. (ਉਸ ਭੈੜੇ ਅੰਤ ਤੋਂ) ਕੋਈ ਨਹੀਂ ਬਚੇਗਾ, ਛੁਟ ਅੱਲਾਹ ਦੇ ਚੁਣਵੇਂ ਤੇ ਖ਼ਾਲਸ ਬੰਦਿਆਂ ਤੋਂ।	إِلَّا عِبَادَ اللَّهِ الْمُخْلَصِينَ 74
75 ਅਤੇ (ਇਸ ਤੋਂ ਪਹਿਲਾਂ ਆਪਣੀ ਕੌਮ ਤੋਂ ਨਿਰਾਸ਼ ਹੋ ਕੇ) ਸਾਨੂੰ ਨੂਹ ਨੇ ਪੁਕਾਰਿਆ ਸੀ, ਵੇਖੋ ਕਿ ਅਸੀਂ ਕਿੰਨਾ ਸੋਹਣਾ ਉੱਤਰ ਦੇਣ ਵਾਲੇ ਹਾਂ।	وَلَقَدْ نَادَانَا نُوحٌ فَلَنِعْمَ الْمُجِيبُونَ 75
76 ਅਸੀਂ ਉਸ (ਨੂਹ) ਨੂੰ ਅਤੇ ਉਸ ਦੇ ਘਰ ਵਾਲਿਆਂ ਨੂੰ ਵੱਡੀ ਮੁਸੀਬਤ ਤੋਂ ਬਚਾ ਲਿਆ।	وَنَجَّيْنَاهُ وَأَهْلَهُ مِنَ الْكَرْبِ الْعَظِيمِ 76
77. ਅਤੇ ਉਸ ਦੀ ਔਲਾਦ ਨੂੰ ਬਾਕੀ ਰਹਿਣ ਵਾਲਾ ਬਣਾਇਆ।	وَجَعَلْنَا ذُرِّيَّتَهُ هُمُ الْبَاقِينَ 77
78 ਮਗਰੋਂ ਆਉਣ ਵਾਲੀਆਂ ਨਸਲਾਂ ਲਈ ਅਸੀਂ ਉਸ ਦੀ ਪ੍ਰਸ਼ੰਸਾ ਤੇ ਚਰਚੇ ਨੂੰ ਬਾਕੀ ਰੱਖਿਆ।	وَتَرَكْنَا عَلَيْهِ فِي الْآخِرِينَ 78
79 ਸਾਰੇ ਜਹਾਨਾਂ ਵਿਚ ਨੂਹ 'ਤੇ ਸਲਾਮਤੀ ਹੋਵੇ।	سَلَامٌ عَلَىٰ نُوحٍ فِي الْعَالَمِينَ 79
80 ਬੇਸ਼ੱਕ ਨੇਕੀ ਕਰਨ ਵਾਲਿਆਂ ਨੂੰ ਅਸੀਂ ਇਸੇ ਪ੍ਰਕਾਰ (ਚੰਗਾ) ਬਦਲਾ ਦਿੰਦੇ ਹਾਂ।	إِنَّا كَذَٰلِكَ نَجْزِي الْمُحْسِنِينَ 80
81 ਉਹ (ਨੂਹ) ਸਾਡੇ ਈਮਾਨਦਾਰ ਬੰਦਿਆਂ ਵਿੱਚੋਂ ਸੀ।	إِنَّهُ مِنْ عِبَادِنَا الْمُؤْمِنِينَ 81
82 ਅਸੀਂ ਦੂਜਿਆਂ (ਨੂਹ ਦੇ ਦੁਸ਼ਮਣਾਂ) ਨੂੰ ਡੋਬ ਦਿੱਤਾ।	ثُمَّ أَغْرَقْنَا الْآخَرِينَ 82
83. ਬੇਸ਼ੱਕ ਇਬਰਾਹੀਮ ਵੀ ਨੂਹ ਦੀ ਟੋਲੀ ਵਿੱਚੋਂ ਸੀ।	وَإِنَّ مِنْ شِيعَتِهِ لَإِبْرَاهِيمَ 83
84 ਜਦੋਂ ਉਹ (ਇਬਰਾਹੀਮ) ਆਪਣੇ ਰੱਬ ਦੇ ਹਜ਼ੂਰ ਨਿਰਮਲ ਹਿਰਦਾ ਲੈ ਕੇ ਆਇਆ।	إِذْ جَاءَ رَبَّهُ بِقَلْبٍ سَلِيمٍ 84
85 ਉਸ ਨੇ ਆਪਣੇ ਪਿਤਾ ਤੇ ਆਪਣੀ ਕੌਮ ਨੂੰ ਕਿਹਾ, ਤੁਸੀਂ ਕਿਸ ਚੀਜ਼ ਦੀ ਪੂਜਾ ਕਰਦੇ ਹੋ?	إِذْ قَالَ لِأَبِيهِ وَقَوْمِهِ مَاذَا تَعْبُدُونَ 85
86. ਕੀ ਤੁਸੀਂ ਅੱਲਾਹ ਨੂੰ ਛੱਡ ਕੇ (ਆਪਣੇ ਹੱਥੀਂ) ਘੜੇ ਹੋਏ ਇਸ਼ਟ ਚਾਹੁੰਦੇ ਹੋ?	أَئِفْكًا آلِهَةً دُونَ اللَّهِ تُرِيدُونَ 86

87 ਸਾਰੇ ਜਹਾਨਾਂ ਦੇ ਪਾਲਣਹਾਰ ਬਾਰੇ ਤੁਹਾਡਾ ਕੀ ਵਿਚਾਰ ਹੈ?

فَمَا ظَنُّكُم بِرَبِّ الْعَالَمِينَ ﴿٨٧﴾

88 ਫੇਰ ਉਸ ਨੇ ਇਕ ਨਜ਼ਰ ਤਾਰਿਆਂ ਵੱਲ ਵੇਖਿਆ (ਭਾਵ ਸੋਚਣ ਲੱਗਾ)।

فَنَظَرَ نَظْرَةً فِي النُّجُومِ ﴿٨٨﴾

89. ਅਤੇ (ਆਪਣੇ ਘਰ ਵਾਲਿਆਂ ਨੂੰ) ਕਿਹਾ ਕਿ ਮੈਂ ਤਾਂ ਬੀਮਾਰ ਹਾਂ।

فَقَالَ إِنِّي سَقِيمٌ ﴿٨٩﴾

90 ਇਸ ਤੋਂ ਉਹ ਉਸ (ਇਬਰਾਹੀਮ) ਨੂੰ ਘਰ ਛੱਡ ਕੇ (ਮੇਲੇ ਵਿਚ) ਚਲੇ ਗਏ।

فَتَوَلَّوْا عَنْهُ مُدْبِرِينَ ﴿٩٠﴾

91. ਫੇਰ ਉਹ (ਇਬਰਾਹੀਮ) ਉਹਨਾਂ ਦੇ ਇਸ਼ਟਾਂ ਕੋਲ ਗਿਆ ਅਤੇ ਪੁੱਛਣ ਲੱਗਾ, ਤੁਸੀਂ (ਆਪਣੇ ਅੱਗੇ ਪਏ ਭੋਗ ਨੂੰ) ਖਾਂਦੇ ਕਿਉਂ ਨਹੀਂ?

فَرَاغَ إِلَىٰ آلِهَتِهِمْ فَقَالَ أَلَا تَأْكُلُونَ ﴿٩١﴾

92. ਤੁਹਾਨੂੰ ਕੀ ਹੋਇਆ ਕਿ ਤੁਸੀਂ ਬੋਲਦੇ ਵੀ ਨਹੀਂ?

مَا لَكُمْ لَا تَنطِقُونَ ﴿٩٢﴾

93 ਫੇਰ ਤਾਂ ਉਹ (ਇਬਰਾਹੀਮ) ਉਹਨਾਂ ਨੂੰ ਸੱਜੇ ਹੱਥ (ਸ਼ਕਤੀ) ਨਾਲ ਮਾਰ-ਮਾਰ ਕੇ ਤੋੜਨ ਲੱਗ ਪਿਆ।

فَرَاغَ عَلَيْهِمْ ضَرْبًا بِالْيَمِينِ ﴿٩٣﴾

94 (ਫੇਰ ਜਦੋਂ ਮੁਸ਼ਰਿਕ ਮੇਲਾ ਵੇਖ ਕੇ ਘਰ ਆਏ ਅਤੇ ਬੁਤਾਂ ਦਾ ਹਾਲ ਵੇਖਿਆ ਤਾਂ) ਉਹ ਲੋਕ ਨੱਸਦੇ ਹੋਏ ਉਸ ਵੱਲ ਆਏ।

فَأَقْبَلُوا إِلَيْهِ يَزِفُّونَ ﴿٩٤﴾

95. ਉਸ (ਇਬਰਾਹੀਮ) ਨੇ ਆਖਿਆ, ਕੀ ਤੁਸੀਂ ਉਹਨਾਂ ਨੂੰ ਪੂਜਦੇ ਹੋ ਜਿਨ੍ਹਾਂ ਨੂੰ ਤੁਸੀਂ ਆਪ ਹੀ ਘੜ੍ਹਿਆ ਹੈ?

قَالَ أَتَعْبُدُونَ مَا تَنْحِتُونَ ﴿٩٥﴾

96 ਜਦ ਕਿ ਤੁਹਾਨੂੰ ਵੀ ਅੱਲਾਹ ਨੇ ਸਾਜਿਆ ਹੈ ਅਤੇ ਤੁਹਾਡੀਆਂ ਬਣਾਈਆਂ ਹੋਈਆਂ ਚੀਜ਼ਾਂ ਨੂੰ ਵੀ ਉਸ (ਅੱਲਾਹ) ਨੇ ਹੀ ਪੈਦਾ ਕੀਤਾ ਹੈ।

وَاللَّهُ خَلَقَكُمْ وَمَا تَعْمَلُونَ ﴿٩٦﴾

97. ਉਹ (ਮੁਸ਼ਰਿਕ) ਆਖਣ ਲੱਗੇ ਕਿ ਇਸ (ਇਬਰਾਹੀਮ) ਲਈ ਇਕ ਭੱਠੀ ਬਣਾਓ ਅਤੇ ਉਸ ਵਿਚ ਅੱਗ ਬਾਲੋ ਤੇ ਉਸ ਦਗਦੀ ਹੋਈ ਅੱਗ ਵਿਚ ਉਸ ਨੂੰ ਸੁੱਟ ਦਿਓ।

قَالُوا ابْنُوا لَهُ بُنْيَانًا فَأَلْقُوهُ فِي الْجَحِيمِ ﴿٩٧﴾

98. ਉਹ ਲੋਕ ਤਾਂ ਇਬਰਾਹੀਮ ਦੇ ਵਿਰੁੱਧ ਚਾਲ ਚਲਣਾ ਚਾਹੁੰਦੇ ਸੀ ਪ੍ਰੰਤੂ ਅਸੀਂ (ਅੱਗ ਨੂੰ ਗੁਲਜ਼ਾਰ ਬਣਾ ਕੇ) ਉਹਨਾਂ (ਮੁਸ਼ਰਿਕਾਂ) ਨੂੰ ਹੀ ਹੀਣਾ ਕਰ ਵਿਖਾਇਆ।

فَأَرَادُوا بِهِ كَيْدًا فَجَعَلْنَاهُمُ الْأَسْفَلِينَ ﴿٩٨﴾

99. ਅਤੇ ਉਸ (ਇਬਰਾਹੀਮ) ਨੇ (ਆਪਣੀ ਕੌਮ ਦਾ ਵਤੀਰਾ ਵੇਖ ਕੇ) ਕਿਹਾ ਕਿ ਮੈਂ ਤਾਂ ਆਪਣੇ ਰੱਬ ਵੱਲ ਜਾਂਦਾ ਹਾਂ, ਉਹੀਓ ਮੈਨੂੰ ਰਾਹ ਵਿਖਾਵੇਗਾ।

وَقَالَ إِنِّي ذَاهِبٌ إِلَىٰ رَبِّي سَيَهْدِينِ ﴿٩٩﴾

100. (ਇਬਰਾਹੀਮ ਨੇ ਦੁਆ ਕੀਤੀ ਕਿ) ਹੇ ਮੇਰੇ ਰੱਬਾ! ਮੈਨੂੰ ਇਕ ਪੁੱਤਰ ਦੀ ਦਾਤ ਬਖ਼ਸ਼, ਜਿਹੜਾ ਨੇਕ ਲੋਕਾਂ ਵਿੱਚੋਂ ਹੋਵੇ।

رَبِّ هَبْ لِي مِنَ الصَّالِحِينَ ﴿١٠٠﴾

101. ਅਸੀਂ ਉਸ ਨੂੰ ਇਕ ਸਹਿਨਸ਼ੀਲ ਪੁੱਤਰ ਦੀ ਖ਼ੁਸ਼ਖ਼ਬਰੀ ਦਿੱਤੀ।

فَبَشَّرْنَاهُ بِغُلَامٍ حَلِيمٍ ﴿١٠١﴾

102. ਜਦੋਂ ਉਹ (ਪੁੱਤਰ) ਆਪਣੀ ਨੱਠਣ ਭੱਜਣ ਦੀ ਉਮਰ ਨੂੰ ਪਹੁੰਚਿਆ ਤਾਂ ਉਸ (ਪਿਤਾ) ਨੇ (ਪੁੱਤਰ) ਨੂੰ ਆਖਿਆ ਕਿ ਹੇ ਮੇਰੇ ਪੁੱਤਰ। ਮੈਂਨੇ ਇਕ ਸੁਪਨਾ ਵੇਖਿਆ ਹੈ ਕਿ ਮੈਂ ਤੈਨੂੰ ਜ਼ਿਬਹ (ਅੱਲਾਹ ਦੀ ਰਾਹ ਵਿਚ ਕੁਰਬਾਨ) ਕਰ ਰਿਹਾ ਹਾਂ, ਹੁਣ ਤੂੰ ਦੱਸ ਤੇਰਾ ਕੀ ਵਿਚਾਰ ਹੈ? ਪੁੱਤਰ ਬੋਲਿਆ ਕਿ ਪਿਤਾ ਜੀ, ਜੋ ਵੀ (ਰੱਬ ਵੱਲੋਂ) ਤੁਹਾਨੂੰ ਹੁਕਮ ਹੋਇਆ ਹੈ ਉਸ ਨੂੰ ਪੂਰਾ ਕਰੋ, ਜੇ ਅੱਲਾਹ ਨੇ ਚਾਹਿਆ ਤਾਂ ਤੁਸੀਂ ਮੈਨੂੰ ਸਬਰ ਕਰਨ ਵਾਲਿਆਂ 'ਚੋਂ ਹੀ ਪਾਓਗੇ।

فَلَمَّا بَلَغَ مَعَهُ السَّعْيَ قَالَ يَا بُنَيَّ إِنِّي أَرَىٰ
فِي الْمَنَامِ أَنِّي أَذْبَحُكَ فَانظُرْ مَاذَا تَرَىٰ ۚ قَالَ
يَا أَبَتِ افْعَلْ مَا تُؤْمَرُ ۖ سَتَجِدُنِي إِن شَاءَ اللَّهُ
مِنَ الصَّابِرِينَ ﴿١٠٢﴾

103. ਅਖ਼ੀਰ ਜਦੋਂ ਦੋਵਾਂ (ਪਿਓ ਪੁੱਤਰ) ਨੇ (ਰੱਬ ਦੇ) ਹੁਕਮ ਅੱਗੇ ਆਪਣੇ ਸੀਸ ਝੁਕਾ ਦਿੱਤੇ ਅਤੇ ਇਬਰਾਹੀਮ ਨੇ ਉਸ (ਪੁੱਤਰ) ਨੂੰ ਪਾਸੇ ਭਾਰ (ਧਰਤੀ 'ਤੇ) ਪਾ ਦਿੱਤਾ

فَلَمَّا أَسْلَمَا وَتَلَّهُ لِلْجَبِينِ ﴿١٠٣﴾

104. ਫੇਰ ਅਸੀਂ (ਅੱਲਾਹ ਨੇ ਉਸ ਦਾ ਇਰਾਦਾ ਵੇਖ ਕੇ) ਆਵਾਜ਼ ਦਿੱਤੀ ਕਿ ਹੇ ਇਬਰਾਹੀਮ!

وَنَادَيْنَاهُ أَن يَا إِبْرَاهِيمُ ﴿١٠٤﴾

105 ਬੇਸ਼ੱਕ ਤੂੰ ਆਪਣਾ ਸੁਪਨਾ ਸੱਚਾ ਕਰ ਕੇ ਵਿਖਾ ਦਿੱਤਾ। ਅਸੀਂ ਨੇਕੀ ਕਰਨ ਵਾਲਿਆਂ ਨੂੰ ਅਜਿਹਾ ਹੀ ਬਦਲਾ ਦਿੰਦੇ ਹਾਂ।

قَدْ صَدَّقْتَ الرُّءْيَا ۚ إِنَّا كَذَٰلِكَ نَجْزِي الْمُحْسِنِينَ (105)

106 ਅਸਲ ਵਿਚ ਇਹ ਇਕ ਸਪਸ਼ਟ ਪਰੀਖਿਆ ਸੀ।

إِنَّ هَٰذَا لَهُوَ الْبَلَاءُ الْمُبِينُ (106)

107. ਅਤੇ ਅਸੀਂ ਇਸ (ਇਸਮਾਈਲ) ਦੇ ਬਦਲੇ ਵਿਚ ਇਕ ਵੱਡਾ ਜਾਨਵਰ ਜ਼ਿਬਹ (ਕੁਰਬਾਨੀ) ਕਰਨ ਲਈ ਬਖ਼ਸ਼ ਦਿੱਤਾ।

وَفَدَيْنَاهُ بِذِبْحٍ عَظِيمٍ (107)

108. ਅਤੇ ਇਸ ਦੀ ਸ਼ੁਭ ਚਰਚਾ ਅਸੀਂ ਮਗਰੋਂ ਆਉਣ ਵਾਲਿਆਂ (ਨਸਲਾਂ) ਲਈ ਬਾਕੀ ਰੱਖੀ।

وَتَرَكْنَا عَلَيْهِ فِي الْآخِرِينَ (108)

109 ਇਬਰਾਹੀਮ 'ਤੇ ਸਲਾਮਤੀ ਹੋਵੇ।

سَلَامٌ عَلَىٰ إِبْرَاهِيمَ (109)

110 ਅਸੀਂ ਨੇਕ ਲੋਕਾਂ ਨੂੰ ਇਸੇ ਪ੍ਰਕਾਰ ਵਧੀਆ ਬਦਲਾ ਦਿਆ ਕਰਦੇ ਹਾਂ।

كَذَٰلِكَ نَجْزِي الْمُحْسِنِينَ (110)

111 ਬੇਸ਼ੱਕ ਉਹ (ਇਬਰਾਹੀਮ) ਸਾਡੇ ਮੋਮਿਨ ਬੰਦਿਆਂ ਵਿੱਚੋਂ ਸੀ।

إِنَّهُ مِنْ عِبَادِنَا الْمُؤْمِنِينَ (111)

112 ਅਤੇ ਅਸੀਂ ਉਸ (ਇਬਰਾਹੀਮ) ਨੂੰ ਇਸਹਾਕ (ਪੁੱਤਰ) ਦੀ ਖ਼ੁਸ਼ਖ਼ਬਰੀ ਦਿੱਤੀ, ਜਿਹੜਾ ਨੇਕ ਲੋਕਾਂ ਵਿੱਚੋਂ ਇਕ ਨਬੀ ਹੋਵੇਗਾ।

وَبَشَّرْنَاهُ بِإِسْحَاقَ نَبِيًّا مِنَ الصَّالِحِينَ (112)

113. ਅਸੀਂ ਉਸ (ਇਬਰਾਹੀਮ) ਅਤੇ ਇਸਹਾਕ 'ਤੇ ਬਰਕਤਾਂ ਨਾਜ਼ਿਲ ਕੀਤੀਆਂ ਅਤੇ ਉਹਨਾਂ ਦੀ ਔਲਾਦ ਵਿੱਚੋਂ ਕੁੱਝ ਤਾਂ ਨੇਕੀ ਕਰਨ ਵਾਲੇ ਹਨ ਅਤੇ ਕੁੱਝ ਆਪਣੇ ਆਪ ਉੱਤੇ ਜ਼ੁਲਮ ਕਰਨ ਵਾਲੇ ਹਨ।

وَبَارَكْنَا عَلَيْهِ وَعَلَىٰ إِسْحَاقَ ۚ وَمِنْ ذُرِّيَّتِهِمَا مُحْسِنٌ وَظَالِمٌ لِنَفْسِهِ مُبِينٌ (113)

114. ਬੇਸ਼ੱਕ ਅਸਾਂ ਮੂਸਾ ਤੇ ਹਾਰੂਨ 'ਤੇ ਵੀ ਉਪਕਾਰ ਕੀਤਾ।

وَلَقَدْ مَنَنَّا عَلَىٰ مُوسَىٰ وَهَارُونَ (114)

115. ਅਸੀਂ ਉਹਨਾਂ ਦੋਵਾਂ ਨੂੰ ਅਤੇ ਉਹਨਾਂ ਦੀ ਕੌਮ ਨੂੰ ਇਕ ਵੱਡੀ ਕਠਿਨਾਈ ਤੋਂ ਮੁਕਤੀ ਦਿੱਤੀ।

وَنَجَّيْنَاهُمَا وَقَوْمَهُمَا مِنَ الْكَرْبِ الْعَظِيمِ (115)

116. ਅਤੇ ਅਸੀਂ ਉਹਨਾਂ ਦੀ ਸਹਾਇਤਾ ਕੀਤੀ ਅਤੇ ਉਹੀਓ ਭਾਰੂ ਰਹੇ।

وَنَصَرْنَاهُمْ فَكَانُوا هُمُ الْغَالِبِينَ (116)

117 ਅਤੇ ਅਸੀਂ ਉਹਨਾਂ ਦੋਵਾਂ (ਮੂਸਾ ਤੇ ਹਾਰੂਨ) ਨੂੰ ਇਕ ਸਪਸ਼ਟ ਕਿਤਾਬ (ਤੌਰੈਤ) ਦਿੱਤੀ।

وَآتَيْنَاهُمَا الْكِتَابَ الْمُسْتَبِينَ (117)

118 ਅਤੇ ਉਹਨਾਂ ਦੋਵਾਂ ਨੂੰ ਸਿੱਧੇ ਰਾਹ ਦੀ ਸਿੱਖਿਆ ਦਿੱਤੀ।

وَهَدَيْنَاهُمَا الصِّرَاطَ الْمُسْتَقِيمَ (118)

119. ਅਤੇ ਅਸੀਂ ਉਹਨਾਂ ਦੋਵਾਂ (ਮੂਸਾ ਤੇ ਹਾਰੂਨ) ਦੀ ਸ਼ੁਭ ਚਰਚਾ ਨੂੰ ਪਿੱਛੋਂ ਆਉਣ ਵਾਲਿਆਂ ਲਈ ਬਾਕੀ ਰੱਖਿਆ।

وَتَرَكْنَا عَلَيْهِمَا فِي الْآخِرِينَ (119)

120. ਮੂਸਾ ਤੇ ਹਾਰੂਨ ਉੱਤੇ ਸਲਾਮ ਹੋਵੇ।

سَلَامٌ عَلَىٰ مُوسَىٰ وَهَارُونَ (120)

121. ਅਸੀਂ ਨੇਕ ਲੋਕਾਂ ਨੂੰ ਇਸੇ ਪ੍ਰਕਾਰ ਬਦਲਾ ਦਿਆ ਕਰਦੇ ਹਾਂ।

إِنَّا كَذَٰلِكَ نَجْزِي الْمُحْسِنِينَ (121)

122. ਨਿਰਸੰਦੇਹ, ਉਹ ਸਾਡੇ ਮੋਮਿਨ ਬੰਦਿਆਂ ਵਿੱਚੋਂ ਸਨ।

إِنَّهُمَا مِنْ عِبَادِنَا الْمُؤْمِنِينَ (122)

123 ਬੇਸ਼ੱਕ ਇਲਿਆਸ ਵੀ ਪੈਗ਼ੰਬਰਾਂ ਵਿੱਚੋਂ ਹੀ ਸੀ।

وَإِنَّ إِلْيَاسَ لَمِنَ الْمُرْسَلِينَ (123)

124 ਜਦੋਂ ਉਸ (ਇਲਿਆਸ) ਨੇ ਆਪਣੀ ਕੌਮ ਨੂੰ ਕਿਹਾ ਕਿ ਕੀ ਤੁਸੀਂ (ਅੱਲਾਹ ਤੋਂ) ਨਹੀਂ ਡਰਦੇ?

إِذْ قَالَ لِقَوْمِهِ أَلَا تَتَّقُونَ (124)

125 ਕੀ ਤੁਸੀਂ ਬੈਅਲ (ਨਾਂ ਦੇ ਬੁਤ) ਨੂੰ ਪੁਕਾਰਦੇ ਹੋ? ਅਤੇ ਸਭ ਤੋਂ ਵਧੀਆ ਰਚਨਾਹਾਰ ਨੂੰ ਛੱਡ ਦਿੰਦੇ ਹੋ।

أَتَدْعُونَ بَعْلًا وَتَذَرُونَ أَحْسَنَ الْخَالِقِينَ (125)

126 ਭਾਵ ਅੱਲਾਹ ਨੂੰ ਛੱਡ ਦਿੰਦੇ ਹੋ ਜਿਹੜਾ ਤੁਹਾਡਾ ਤੇ ਤੁਹਾਡੇ ਪਿਓ ਦਾਦਿਆਂ ਦਾ ਰੱਬ ਹੈ।

اللَّهَ رَبَّكُمْ وَرَبَّ آبَائِكُمُ الْأَوَّلِينَ (126)

127 ਪਰ ਉਹਨਾਂ (ਕੌਮ) ਨੇ ਉਸ (ਇਲਿਆਸ) ਨੂੰ ਝੁਠਲਾਇਆ, ਹੁਣ ਉਹ ਸਾਰੇ ਜ਼ਰੂਰ ਹੀ (ਸਜ਼ਾ ਲਈ) ਹਾਜ਼ਰ ਕੀਤੇ ਜਾਣਗੇ।

فَكَذَّبُوهُ فَإِنَّهُمْ لَمُحْضَرُونَ (127)

128. ਰੱਬ ਦੇ ਨੇਕ ਬੰਦਿਆਂ ਤੋਂ ਛੁੱਟ (ਸਜ਼ਾ ਤੋਂ ਕੋਈ ਨਹੀਂ ਬਚ ਸਕੇਗਾ)

إِلَّا عِبَادَ اللَّهِ الْمُخْلَصِينَ (128)

129 ਅਸੀਂ ਇਲਿਆਸ ਦੀ) ਸ਼ੁਭ ਚਰਚਾ ਮਗਰੋਂ ਆਉਣ ਵਾਲਿਆਂ ਲਈ ਬਾਕੀ ਰੱਖ ਛੱਡੀ ਹੈ।

وَتَرَكْنَا عَلَيْهِ فِي الْآخِرِينَ (129)

130. ਇਲਯਾਸੀਨ (ਇਲਿਆਸ) 'ਤੇ ਸਲਾਮਤੀ ਹੋਵੇ।

سَلَامٌ عَلَىٰ إِلْ يَاسِينَ (130)

131 ਨੇਕੀ ਕਰਨ ਵਾਲਿਆਂ ਨੂੰ ਅਸੀਂ ਇੰਜ ਹੀ ਬਦਲਾ ਦਿਆ ਕਰਦੇ ਹਾਂ

إِنَّا كَذَٰلِكَ نَجْزِي الْمُحْسِنِينَ (131)

إِنَّهُۥ مِنْ عِبَادِنَا ٱلْمُؤْمِنِينَ 132

132 ਬੇਸ਼ੱਕ ਉਹ (ਇਲਿਆਸ) ਸਾਡੇ ਮੋਮਿਨ ਬੰਦਿਆਂ ਵਿੱਚੋਂ ਹੀ ਸੀ।

وَإِنَّ لُوطًا لَّمِنَ ٱلْمُرْسَلِينَ 133

133 ਨਿਰਸੰਦੇਹ, ਲੂਤ ਵੀ ਪੈਗ਼ੰਬਰਾਂ ਵਿੱਚੋਂ ਹੀ ਸੀ।

إِذْ نَجَّيْنَٰهُ وَأَهْلَهُۥٓ أَجْمَعِينَ 134

134. ਅਸੀਂ ਉਸ (ਲੂਤ) ਨੂੰ ਤੇ ਉਸ ਦੇ ਘਰ ਵਾਲਿਆਂ ਨੂੰ (ਅਜ਼ਾਬ ਤੋਂ) ਬਚਾ ਲਿਆ।

إِلَّا عَجُوزًا فِى ٱلْغَٰبِرِينَ 135

135 ਛੁੱਟ ਉਸ ਬੁੱਢੀ (ਲੂਤ ਦੀ ਪਤਨੀ) ਤੋਂ ਜਿਹੜੀ ਪਿੱਛੇ ਰਹਿ ਜਾਣ ਵਾਲਿਆਂ ਵਿੱਚੋਂ ਸੀ (ਭਾਵ ਜਿਨ੍ਹਾਂ ਨੂੰ ਅਜ਼ਾਬ ਆਉਣਾ ਸੀ)।

ثُمَّ دَمَّرْنَا ٱلْءَاخَرِينَ 136

136. ਫੇਰ ਅਸੀਂ ਬਾਕੀ ਸਾਰਿਆਂ ਨੂੰ ਹਲਾਕ (ਤਬਾਹ) ਕਰ ਦਿੱਤਾ।

وَإِنَّكُمْ لَتَمُرُّونَ عَلَيْهِم مُّصْبِحِينَ 137

137. ਨਿਰਸੰਦੇਹ, ਤੁਸੀਂ ਸਵੇਰ ਨੂੰ ਉਹਨਾਂ (ਨਾਸ਼ ਕੀਤੀਆਂ ਹੋਈਆਂ) ਬਸਤੀਆਂ ਵਿੱਚੋਂ ਦੀ ਲੰਘਦੇ ਹੋ।

وَبِٱلَّيْلِ ۗ أَفَلَا تَعْقِلُونَ 138

138 ਅਤੇ ਰਾਤ ਨੂੰ ਵੀ ਲੰਘਦੇ ਹੋ। ਕੀ ਤੁਸੀਂ ਫੇਰ ਵੀ ਨਹੀਂ ਸਮਝਦੇ?

وَإِنَّ يُونُسَ لَمِنَ ٱلْمُرْسَلِينَ 139

139 ਬੇਸ਼ੱਕ ਯੂਨੁਸ ਵੀ ਨਬੀਆਂ ਵਿੱਚੋਂ ਸੀ।

إِذْ أَبَقَ إِلَى ٱلْفُلْكِ ٱلْمَشْحُونِ 140

140 ਜਦੋਂ ਉਹ (ਯੂਨੁਸ ਕੌਮ ਤੋਂ ਨਿਰਾਸ਼ ਹੋ ਕੇ) ਇਕ ਭਰੀ ਹੋਈ ਬੇੜੀ ਵੱਲ ਨੱਸ ਤੁਰਿਆ ਸੀ।

فَسَاهَمَ فَكَانَ مِنَ ٱلْمُدْحَضِينَ 141

141 ਜਦੋਂ (ਬੇੜੀ ਦਾ ਬੋਝ ਘਟਾਉਣ ਲਈ ਬੇੜੀ ਵਾਲਿਆਂ ਨੇ) ਪਰਚੀਆਂ ਪਾਈਆਂ ਤਾਂ ਉਹ (ਯੂਨੁਸ) ਫਸ ਗਿਆ (ਭਾਵ ਯੂਨੁਸ ਦੀ ਹੀ ਪਰਚੀ ਨਿਕਲੀ)।

فَٱلْتَقَمَهُ ٱلْحُوتُ وَهُوَ مُلِيمٌ 142

142. (ਜਦੋਂ ਉਸ ਨੇ ਸਮੁੰਦਰ ਵਿਚ ਛਾਲ ਮਾਰੀ) ਤਦ ਹੀ ਮੱਛੀ ਨੇ ਉਸ ਨੂੰ ਨਿਗਲ ਲਿਆ ਜਦ ਕਿ ਉਹ ਆਪਣੀ ਨਿੰਦਾ ਆਪ ਹੀ ਕਰ ਰਿਹਾ ਸੀ।

فَلَوْلَآ أَنَّهُۥ كَانَ مِنَ ٱلْمُسَبِّحِينَ 143

143 ਜੇਕਰ ਉਹ ਰੱਬ ਦੀ ਪਾਕੀ ਬਿਆਨ ਕਰਨ ਵਾਲਿਆਂ ਵਿੱਚੋਂ ਨਾ ਹੁੰਦਾ।

لَلَبِثَ فِي بَطْنِهِ إِلَىٰ يَوْمِ يُبْعَثُونَ ﴿١٤٤﴾

144. ਤਾਂ ਉਹ ਲੋਕਾਂ ਦੇ ਮੁੜ ਜਿਉਂਦਾ ਉਠਾਉਣ ਜਾਣ ਵਾਲੇ ਦਿਨ (ਕਿਆਮਤ) ਤੱਕ ਉਸੇ ਮੱਛੀ ਦੇ ਢਿੱਡ ਵਿਚ ਹੀ ਰਹਿੰਦਾ।

فَنَبَذْنَاهُ بِالْعَرَاءِ وَهُوَ سَقِيمٌ ﴿١٤٥﴾

145. ਫੇਰ ਅਸੀਂ ਉਸ (ਯੂਨਸ) ਨੂੰ (ਮੱਛੀ ਦੇ ਢਿੱਡ ਵਿੱਚੋਂ ਕੱਢ ਕੇ) ਇਕ ਰੜੇ ਮੈਦਾਨ ਵਿਚ ਸੁੱਟ ਦਿੱਤਾ। ਉਸ ਵੇਲੇ ਉਹ ਅਸੁਖਸਥ ਸੀ।

وَأَنبَتْنَا عَلَيْهِ شَجَرَةً مِّن يَقْطِينٍ ﴿١٤٦﴾

146. ਅਤੇ ਅਸੀਂ ਉਸ (ਯੂਨਸ) ਉੱਤੇ (ਕੱਦੂ ਦਾ) ਇਕ ਵੇਲਦਾਰ ਰੁੱਖ ਉਗਾ ਦਿੱਤਾ।

وَأَرْسَلْنَاهُ إِلَىٰ مِائَةِ أَلْفٍ أَوْ يَزِيدُونَ ﴿١٤٧﴾

147. ਫੇਰ ਅਸੀਂ ਉਸ (ਯੂਨਸ) ਨੂੰ ਇਕ ਲੱਖ ਲੋਕਾਂ ਵੱਲ (ਰੱਬੀ ਪੈਗ਼ਾਮ ਦੇ ਕੇ) ਭੇਜਿਆ, ਉਹ ਲੋਕ ਇਸ ਗਿਣਤੀ ਤੋਂ ਕੁੱਝ ਵੱਧ ਹੀ ਹੋਣਗੇ।

فَآمَنُوا فَمَتَّعْنَاهُمْ إِلَىٰ حِينٍ ﴿١٤٨﴾

148. ਸੋ ਉਹ ਸਾਰੇ ਈਮਾਨ ਲਿਆਏ ਅਤੇ ਅਸਾਂ ਉਹਨਾਂ ਨੂੰ ਇਕ ਨਿਯਤ ਸਮੇਂ ਤੀਕ (ਸੰਸਾਰ ਦਾ) ਲਾਭ ਉਠਾਉਣ ਦਾ ਅਵਸਰ ਪ੍ਰਦਾਨ ਕੀਤਾ।

فَاسْتَفْتِهِمْ أَلِرَبِّكَ الْبَنَاتُ وَلَهُمُ الْبَنُونَ ﴿١٤٩﴾

149. ਇਹਨਾਂ (ਮੁਸ਼ਰਿਕਾਂ) ਤੋਂ ਪੁੱਛੋ, ਕੀ ਤੁਹਾਡੇ ਰੱਬ ਲਈ ਧੀਆਂ ਅਤੇ ਉਹਨਾਂ (ਲੋਕਾਂ) ਲਈ ਪੁੱਤਰ ਹਨ?

أَمْ خَلَقْنَا الْمَلَائِكَةَ إِنَاثًا وَهُمْ شَاهِدُونَ ﴿١٥٠﴾

150. ਕੀ ਉਹ ਉਸ ਸਮੇਂ ਹਾਜ਼ਰ ਸਨ ਜਦੋਂ ਅਸੀਂ ਫ਼ਰਿਸ਼ਤਿਆਂ ਨੂੰ ਇਸਤਰੀਆਂ ਬਣਾਇਆ ਸੀ?

أَلَا إِنَّهُم مِّنْ إِفْكِهِمْ لَيَقُولُونَ ﴿١٥١﴾

151. (ਖ਼ਬਰਦਾਰ) ਇਹ ਲੋਕ ਆਪਣੇ ਵੱਲੋਂ ਝੂਠ ਘੜ੍ਹ ਰਹੇ ਹਨ।

وَلَدَ اللَّهُ وَإِنَّهُمْ لَكَاذِبُونَ ﴿١٥٢﴾

152. ਕਿ ਅੱਲਾਹ ਦੀ ਸੰਤਾਨ ਹੈ। ਬੇਸ਼ੱਕ ਉਹ ਸਾਰੇ ਝੂਠੇ ਹਨ।

أَصْطَفَى الْبَنَاتِ عَلَى الْبَنِينَ ﴿١٥٣﴾

153. ਕੀ ਉਹ (ਅੱਲਾਹ) ਪੁੱਤਰਾਂ ਦੀ ਥਾਂ ਧੀਆਂ ਨੂੰ ਪਸੰਦ ਕਰਦਾ ਹੈ?

مَا لَكُمْ كَيْفَ تَحْكُمُونَ ﴿١٥٤﴾

154. ਤੁਹਾਨੂੰ ਕੀ ਹੋ ਗਿਆ ਹੈ? ਤੁਸੀਂ ਕਿਹੋ ਜਿਹੀਆਂ ਗੱਲਾਂ ਕਰਦੇ ਹੋ?

أَفَلَا تَذَكَّرُونَ ﴿١٥٥﴾

155. ਕੀ ਤੁਸੀਂ ਕੁੱਝ ਵੀ ਨਹੀਂ ਸੋਚਦੇ?

أَمْ لَكُمْ سُلْطَانٌ مُّبِينٌ ﴿١٥٦﴾

156. ਜਾਂ ਤੁਹਾਡੇ ਕੋਲ ਕੋਈ ਸਪਸ਼ਟ ਦਲੀਲ ਹੈ?

157. ਜਾਂ ਤੁਸੀਂ ਆਪਣੀ ਕਿਤਾਬ ਲੈ ਆਓ, ਜੇ ਤੁਸੀਂ ਸੱਚੇ ਹੋ।

فَأْتُوا بِكِتَابِكُمْ إِن كُنتُمْ صَادِقِينَ (157)

158. ਉਹਨਾਂ (ਮੁਸ਼ਰਿਕਾਂ) ਨੇ ਅੱਲਾਹ ਅਤੇ ਜਿੰਨਾਂ ਦੇ ਵਿਚਾਲੇ ਇਕ ਸੰਬੰਧ ਬਣਾ ਛੱਡਿਆ ਹੈ, ਜਦ ਕਿ ਜਿੰਨਾਂ ਨੂੰ ਇਸ ਗੱਲ ਦਾ ਗਿਆਨ ਹੈ ਕਿ ਉਹ (ਰੱਬ ਅੱਗੇ) ਜ਼ਰੂਰ ਹੀ ਹਾਜ਼ਰ ਕੀਤੇ ਜਾਣਗੇ

وَجَعَلُوا بَيْنَهُ وَبَيْنَ الْجِنَّةِ نَسَبًا ۚ وَلَقَدْ عَلِمَتِ الْجِنَّةُ إِنَّهُمْ لَمُحْضَرُونَ (158)

159. ਅੱਲਾਹ ਉਹਨਾਂ ਸਾਰੀਆਂ ਗੱਲਾਂ ਤੋਂ ਪਾਕ ਹੈ ਜਿਹੜੀਆਂ ਉਹ (ਮੁਸ਼ਰਿਕ) ਉਸ ਦੇ ਬਾਰੇ ਕਰਦੇ ਹਨ।

سُبْحَانَ اللَّهِ عَمَّا يَصِفُونَ (159)

160. ਅੱਲਾਹ ਦੇ ਨੇਕ ਬੰਦੇ (ਅਜਿਹੀਆਂ ਗੱਲਾਂ ਤੋਂ) ਬਚੇ ਹੋਏ ਹਨ।

إِلَّا عِبَادَ اللَّهِ الْمُخْلَصِينَ (160)

161. ਹੇ ਮੁਸ਼ਰਿਕੋ! ਬੇਸ਼ੱਕ ਤੁਸੀਂ ਅਤੇ ਉਹ, ਜਿਨ੍ਹਾਂ ਦੀ ਤੁਸੀਂ ਬੰਦਗੀ ਕਰਦੇ ਹੋ।

فَإِنَّكُمْ وَمَا تَعْبُدُونَ (161)

162. ਤੁਸੀਂ ਸਾਰੇ ਮਿਲ ਕੇ ਵੀ (ਨੇਕ ਬੰਦਿਆਂ ਨੂੰ) ਅੱਲਾਹ ਦੇ ਵਿਰੁੱਧ ਬਹਕਾ ਨਹੀਂ ਸਕਦੇ।

مَا أَنتُمْ عَلَيْهِ بِفَاتِنِينَ (162)

163. ਛੁੱਟ ਉਸ ਤੋਂ ਜਿਹੜਾ ਨਰਕ ਵਿਚ ਜਾਣ ਵਾਲਾ ਹੈ।

إِلَّا مَنْ هُوَ صَالِ الْجَحِيمِ (163)

164 (ਫ਼ਰਿਸ਼ਤੇ ਆਖਦੇ ਹਨ ਕਿ) ਸਾਡੇ ਵਿੱਚੋਂ ਹਰੇਕ ਦੀ ਜ਼ਿੰਮੇਵਾਰੀ ਨਿਯਤ ਹੈ।

وَمَا مِنَّا إِلَّا لَهُ مَقَامٌ مَّعْلُومٌ (164)

165. ਅਸੀਂ ਤਾਂ ਅੱਲਾਹ ਦੇ ਹਜ਼ੂਰ ਕਤਾਰ ਬੰਨੀ ਖੜ੍ਹੇ ਰਹਿਣ ਵਾਲੇ ਹਾਂ।

وَإِنَّا لَنَحْنُ الصَّافُّونَ (165)

166. ਬੇਸ਼ੱਕ ਅਸੀਂ ਅੱਲਾਹ ਦੀ ਤਸਬੀਹ (ਸ਼ਲਾਘਾ) ਕਰਨ ਵਾਲੇ ਹਾਂ।

وَإِنَّا لَنَحْنُ الْمُسَبِّحُونَ (166)

167. ਅਤੇ ਉਹ (ਇਨਕਾਰੀ) ਲੋਕ ਕਿਹਾ ਕਰਦੇ ਸਨ।

وَإِن كَانُوا لَيَقُولُونَ (167)

168. ਕਿ ਜੇ ਸਾਡੇ ਕੋਲ ਸਾਥੋਂ ਪਹਿਲਾਂ ਦੇ ਲੋਕਾਂ (ਦੇ ਅਜ਼ਾਬ) ਦੀ ਚਰਚਾ ਕੀਤੀ ਹੁੰਦੀ।

لَوْ أَنَّ عِندَنَا ذِكْرًا مِّنَ الْأَوَّلِينَ (168)

169. ਤਾਂ ਅਸੀਂ ਵੀ ਅੱਲਾਹ ਦੇ ਚੌਣਵੇ ਬੰਦੇ ਹੁੰਦੇ।

لَكُنَّا عِبَادَ اللَّهِ الْمُخْلَصِينَ (169)

170 ਜਦੋਂ ਪੈਗ਼ੰਬਰ .ਕੁਰਆਨ ਲੈ ਕੇ ਆਇਆ ਤਾਂ ਉਹਨਾਂ ਨੇ ਉਸ (.ਕੁਰਆਨ ਦਾ) ਇਨਕਾਰ ਕਰ ਦਿੱਤਾ। ਉਹ ਛੇਤੀ ਹੀ ਜਾਣ ਲੈਣਗੇ (ਕਿ ਉਹ ਕੀ ਕਰਦੇ ਸਨ?)।

فكفروا به فسوف يعلمون (170)

171 ਅਸਲ ਵਿਚ ਅਸੀਂ ਪਹਿਲਾਂ ਹੀ ਆਪਣੇ ਉਹਨਾਂ ਬੰਦਿਆਂ ਨੂੰ, ਜਿਹੜੇ ਪੈਗ਼ੰਬਰ ਹਨ, ਵਚਨ ਦੇ ਚੁੱਕੇ ਹਾਂ।

ولقد سبقت كلمتنا لعبادنا المرسلين (171)

172 ਕਿ ਜ਼ਰੂਰ ਹੀ ਉਹਨਾਂ ਦੀ ਸਹਾਇਤਾ ਕੀਤੀ ਜਾਵੇਗੀ।

إنهم لهم المنصورون (172)

173 ਅਤੇ ਬੇਸ਼ੱਕ ਸਾਡੀਆਂ (ਅੱਲਾਹ ਦੀਆਂ) ਫ਼ੌਜਾਂ ਹੀ ਭਾਰੂ ਰਹਿਣਗੀਆਂ।

وإن جندنا لهم الغالبون (173)

174 ਸੋ ਹੇ ਨਬੀ! ਤੁਸੀਂ ਕੁੱਝ ਸਮੇਂ ਲਈ ਉਹਨਾਂ (ਕਾਫ਼ਿਰਾਂ) ਤੋਂ ਮੂੰਹ ਮੋੜ ਲਵੋ (ਭਾਵ ਧਿਆਨ ਨਾ ਦਿਓ)।

فتول عنهم حتى حين (174)

175 ਅਤੇ ਉਹਨਾਂ ਨੂੰ ਵੇਖਦੇ ਰਹੋ (ਕਿ ਉਹਨਾਂ 'ਤੇ ਅਜ਼ਾਬ ਆਉਣ ਵਾਲਾ ਹੈ) ਫੇਰ ਛੇਤੀ ਹੀ ਉਹ ਵੀ ਵੇਖ ਲੈਣਗੇ।

وأبصرهم فسوف يبصرون (175)

176 ਕੀ ਉਹ ਸਾਡੇ ਅਜ਼ਾਬ ਲਈ ਕਾਹਲੀ ਕਰ ਰਹੇ ਹਨ?

أفبعذابنا يستعجلون (176)

177 ਪ੍ਰੰਤੂ ਜਦੋਂ ਉਹ (ਅਜ਼ਾਬ) ਉਹਨਾਂ ਦੇ ਵਿਹੜੇ ਉੱਤਰੇਗਾ ਤਾਂ ਡਰਾਏ ਗਏ ਲੋਕਾਂ ਲਈ ਉਹ ਸਵੇਰ ਬਹੁਤ ਹੀ ਭੈੜੀ ਹੋਵੇਗੀ।

فإذا نزل بساحتهم فساء صباح المنذرين (177)

178 (ਹੇ ਨਬੀ!) ਤੁਸੀਂ ਕੁੱਝ ਸਮੇਂ ਲਈ ਇਹਨਾਂ ਦੀ ਚਿੰਤਾ ਛੱਡ ਦਿਓ।

وتول عنهم حتى حين (178)

179 ਕੇਵਲ ਉਹਨਾਂ ਨੂੰ ਵੇਖਦੇ ਰਹੋ ਅਤੇ ਉਹ ਵੀ ਛੇਤੀ ਹੀ ਵੇਖ ਲੈਣਗੇ।

وأبصر فسوف يبصرون (179)

180 ਤੁਹਾਡਾ ਰੱਬ, ਜਿਹੜਾ ਇੱਜ਼ਤਾਂ ਦਾ ਮਾਲਿਕ ਹੈ, ਉਹਨਾਂ ਸਾਰੀਆਂ ਗੱਲਾਂ ਤੋਂ ਪਾਕ ਹੈ ਜਿਹੜੀਆਂ ਉਹ ਮੁਸ਼ਰਿਕ ਬਿਆਨ ਕਰਦੇ ਹਨ।

سبحان ربك رب العزة عما يصفون (180)

181. ਸਮੂਹ ਪੈਗ਼ੰਬਰਾਂ 'ਤੇ ਸਲਾਮ ਹੋਵੇ।

وَسَلٰمٌ عَلَى الْمُرْسَلِيْنَ ﴿١٨١﴾

182 ਅਤੇ ਸਾਰੀਆਂ ਤਾਰੀਫ਼ਾਂ (ਤੇ ਸ਼ੁਕਰਾਨੇ) ਅੱਲਾਹ ਲਈ ਹਨ ਜਿਹੜਾ ਸਾਰੇ ਜਹਾਨਾਂ ਦਾ ਪਾਲਣਹਾਰ ਹੈ।

وَالْحَمْدُ لِلّٰهِ رَبِّ الْعٰلَمِيْنَ ﴿١٨٢﴾

38. ਸੂਰਤ ਸੁਆਦ (ਮੱਕੀ-38)

سُوْرَةُ صٓ

(ਆਇਤਾਂ 88, ਰੁਕੂਅ 5)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1 ਸੁਆਦ। ਸਹੁੰ ਹੈ ਨਸੀਹਤਾਂ ਭਰੇ ਕੁਰਆਨ ਦੀ।

صٓ وَالْقُرْاٰنِ ذِى الذِّكْرِ ﴿١﴾

2 ਪਰ ਇਨਕਾਰੀ ਤਾਂ ਘਮੰਡ ਵਿਚ ਅਤੇ (ਕੁਰਆਨ ਦੀ) ਵਿਰੋਧਤਾ ਵਿਚ ਫਸੇ ਹੋਏ ਹਨ।

بَلِ الَّذِيْنَ كَفَرُوْا فِيْ عِزَّةٍ وَّشِقَاقٍ ﴿٢﴾

3 ਇਹਨਾਂ (ਕਾਫ਼ਿਰਾਂ) ਤੋਂ ਪਹਿਲਾਂ ਵੀ ਅਸੀਂ ਕਿੰਨੀਆਂ ਹੀ ਉੱਮਤਾਂ (ਕੌਮਾਂ) ਨੂੰ (ਅਜ਼ਾਬ ਰਾਹੀਂ) ਹਲਾਕ ਕਰ ਚੁੱਕੇ ਹਾਂ। (ਜਦੋਂ ਅਜ਼ਾਬ ਆ ਗਿਆ) ਤਾਂ ਉਹਨਾਂ ਨੇ (ਮਦਦ ਲਈ) ਸਾਨੂੰ ਹੀ ਸੱਦਿਆ, ਜਦ ਕਿ ਉਹ ਸਮਾਂ (ਅਜ਼ਾਬ ਤੋਂ) ਛੁਟਕਾਰੇ ਦਾ ਨਹੀਂ ਸੀ।

كَمْ اَهْلَكْنَا مِنْ قَبْلِهِمْ مِّنْ قَرْنٍ فَنَادَوْا وَّلَاتَ حِيْنَ مَنَاصٍ ﴿٣﴾

4. ਅਤੇ ਉਹਨਾਂ ਲੋਕਾਂ ਨੂੰ ਇਸ ਗੱਲ ਉੱਤੇ ਹੈਰਾਨੀ ਸੀ ਕਿ ਇਕ ਡਰਾਉਣ ਵਾਲਾ ਆਪ ਉਹਨਾਂ ਵਿੱਚੋਂ ਹੀ ਆ ਗਿਆ ਅਤੇ ਕਾਫ਼ਿਰ ਆਖਣ ਲੱਗੇ ਕਿ ਇਹ ਤਾਂ ਇਕ ਜਾਦੂਗਰ ਹੈ ਅਤੇ ਵੱਡਾ ਝੂਠਾ ਹੈ।

وَعَجِبُوْا اَنْ جَآءَهُمْ مُّنْذِرٌ مِّنْهُمْ وَقَالَ الْكٰفِرُوْنَ هٰذَا سٰحِرٌ كَذَّابٌ ﴿٤﴾

5. ਕੀ ਇਸ ਨੇ ਸਾਰੇ ਇਸ਼ਟਾਂ ਨੂੰ ਇਕ ਹੀ ਇਸ਼ਟ ਬਣਾ ਦਿੱਤਾ ਹੈ? ਇਹ ਤਾਂ ਬਹੁਤ ਹੀ ਅਜੀਬ ਗੱਲ ਹੈ।

اَجَعَلَ الْاٰلِهَةَ اِلٰهًا وَّاحِدًا اِنَّ هٰذَا لَشَيْءٌ عُجَابٌ ﴿٥﴾

6. ਅਤੇ (ਮੱਕੇ ਦੇ) ਸਰਦਾਰ ਇਹ ਕਹਿੰਦੇ ਹੋਏ (ਮੁਹੰਮਦ ਸ: ਦੀ ਸਭਾ ਵਿੱਚੋਂ) ਉੱਠ ਤੁਰੇ ਕਿ ਚੱਲੋ ਅਤੇ ਆਪਣੇ ਇਸ਼ਟਾਂ ਦੀ ਇਬਾਦਤ 'ਤੇ ਹੀ ਡਟੇ ਰਹੋ। ਬੇਸ਼ੱਕ ਇਹ ਗੱਲ ਕਿਸੇ ਨਿਜੀ ਉਦੇਸ਼ ਨੂੰ ਲੈ ਕੇ ਆਖੀ ਜਾ ਰਹੀ ਹੈ।

وَانْطَلَقَ الْمَلَاُ مِنْهُمْ اَنِ امْشُوْا وَاصْبِرُوْا عَلٰۤى اٰلِهَتِكُمْ اِنَّ هٰذَا لَشَيْءٌ يُّرَادُ ﴿٦﴾

مَا سَمِعْنَا بِهَٰذَا فِي الْمِلَّةِ الْآخِرَةِ إِنْ هَٰذَا إِلَّا اخْتِلَاقٌ ⑦

7. ਅਸੀਂ ਤਾਂ ਇਹ ਗੱਲ ਪਹਿਲੀਆਂ ਕੌਮਾਂ ਤੋਂ ਵੀ ਨਹੀਂ ਸੁਣੀ, ਇਹ ਤਾਂ ਕੇਵਲ ਘੜ੍ਹੀ ਹੋਈ ਇਕ ਗੱਲ ਹੈ।

أَأُنزِلَ عَلَيْهِ الذِّكْرُ مِن بَيْنِنَا ۚ بَلْ هُمْ فِي شَكٍّ مِّن ذِكْرِي ۖ بَل لَّمَّا يَذُوقُوا عَذَابِ ⑧

8 ਕੀ ਸਾਡੇ ਵਿੱਚੋਂ ਇਸੇ 'ਤੇ ਹੀ ਜ਼ਿਕਰ (ਕੁਰਆਨ) ਉੱਤਰਿਆ ਹੈ? ਅਸਲ ਵਿਚ ਇਹ ਲੋਕ ਮੇਰੇ ਜ਼ਿਕਰ (ਕੁਰਆਨ) ਉੱਤੇ ਸ਼ੱਕ ਕਰ ਰਹੇ ਹਨ, ਕਿਉਂ ਜੋ ਅਜੇ ਉਹਨਾਂ ਨੇ ਮੇਰੇ ਅਜ਼ਾਬ ਦਾ ਸੁਆਦ ਨਹੀਂ ਚੱਖਿਆ।

أَمْ عِندَهُمْ خَزَائِنُ رَحْمَةِ رَبِّكَ الْعَزِيزِ الْوَهَّابِ ⑨

9. (ਹੇ ਨਬੀ!) ਕੀ ਇਹਨਾਂ (ਕਾਫ਼ਿਰਾਂ) ਕੋਲ ਤੇਰੇ (ਉਸ) ਰੱਬ ਦੀਆਂ ਰਹਿਮਤਾਂ ਦੇ ਖ਼ਜ਼ਾਨੇ ਹਨ, ਜਿਹੜਾ ਕਿ ਵੱਡਾ ਜ਼ੋਰਾਵਰ ਤੇ ਸਖ਼ੀ ਦਾਤਾ ਹੈ?

أَمْ لَهُم مُّلْكُ السَّمَاوَاتِ وَالْأَرْضِ وَمَا بَيْنَهُمَا ۖ فَلْيَرْتَقُوا فِي الْأَسْبَابِ ⑩

10 ਜਾਂ ਕੀ ਇਹ ਅਕਾਸ਼ ਤੇ ਧਰਤੀ ਅਤੇ ਉਹਨਾਂ ਦੇ ਵਿਚਕਾਰ ਹਰੇਕ ਚੀਜ਼ ਦੇ ਮਾਲਿਕ ਹਨ? (ਜੇ ਇੰਜ ਹੈ) ਤਾਂ ਇਹਨਾਂ ਨੂੰ ਚਾਹੀਦਾ ਹੈ ਕਿ (ਵਹੀ ਨੂੰ ਰੋਕਣ ਲਈ) ਰੱਸਿਆਂ ਰਾਹੀਂ ਅਕਾਸ਼ 'ਤੇ ਚੜ੍ਹ ਜਾਣ।

جُندٌ مَّا هُنَالِكَ مَهْزُومٌ مِّنَ الْأَحْزَابِ ⑪

11. ਇਹ ਤਾਂ (ਦੋ ਵੱਡੇ-ਵੱਡੇ) ਹਾਰੇ ਹੋਏ ਜੱਥਿਆਂ ਵਿੱਚੋਂ ਇਕ ਨਿੱਕਾ ਜਿਹਾ ਜੱਥਾ ਹੈ, ਜਿਹੜਾ ਮਾਰ ਖਾਵੇਗਾ।

كَذَّبَتْ قَبْلَهُمْ قَوْمُ نُوحٍ وَعَادٌ وَفِرْعَوْنُ ذُو الْأَوْتَادِ ⑫

12. ਇਹਨਾਂ ਤੋਂ ਪਹਿਲਾਂ ਨੂਹ ਅਤੇ ਆਦ ਦੀ ਕੌਮ ਅਤੇ ਮੇਖਾਂ ਵਾਲੇ ਫ਼ਿਰਔਨ ਨੇ (ਪੈਗ਼ੰਬਰਾਂ ਨੂੰ) ਝੁਠਲਾਇਆ ਸੀ।

وَثَمُودُ وَقَوْمُ لُوطٍ وَأَصْحَابُ الْأَيْكَةِ ۚ أُولَٰئِكَ الْأَحْزَابُ ⑬

13. ਅਤੇ ਸਮੂਦ ਅਤੇ ਲੂਤ ਦੀ ਕੌਮ ਨੇ ਅਤੇ ਐਕਾ ਵਾਲਿਆਂ ਨੇ ਵੀ (ਹੱਕ ਨੂੰ) ਝੁਠਲਾਇਆ ਸੀ। ਇਹ ਸਭ ਵੱਡੇ-ਵੱਡੇ (ਸ਼ਕਤੀਸ਼ਾਲੀ) ਜੱਥੇ ਸਨ।

إِن كُلٌّ إِلَّا كَذَّبَ الرُّسُلَ فَحَقَّ عِقَابِ ⑭

14. ਇਹਨਾਂ ਵਿੱਚੋਂ ਹਰੇਕ ਨੇ ਪੈਗ਼ੰਬਰਾਂ ਨੂੰ ਝੁਠਲਾਇਆ, ਸੋ ਉਹਨਾਂ ਉੱਤੇ ਮੇਰੇ ਅਜ਼ਾਬ ਦਾ ਫ਼ੈਸਲਾ ਲਾਗੂ ਹੋ ਗਿਆ।

وَمَا يَنظُرُ هَٰؤُلَاءِ إِلَّا صَيْحَةً وَاحِدَةً مَّا لَهَا مِن فَوَاقٍ ⑮

15 ਇਹ (ਕਾਫ਼ਿਰ) ਲੋਕ ਵੀ ਕੇਵਲ ਇਕ ਡਰਾਉਣ ਵਾਲੀ ਚੀਕ ਦੀ ਉਡੀਕ ਕਰ ਰਹੇ ਹਨ ਜਿਸ ਵਿਚ ਕੋਈ ਦੇਰੀ ਨਹੀਂ।

وَقَالُوا رَبَّنَا عَجِّل لَّنَا قِطَّنَا قَبْلَ
يَوْمِ الْحِسَابِ ﴿١٦﴾

16. ਉਹ ਇਨਕਾਰੀ (ਮਖੌਲ ਵਿਚ) ਆਖਦੇ ਹਨ ਕਿ ਹੇ ਸਾਡਿਆ ਰੱਬਾ! ਸਾਨੂੰ ਸਾਡੀ ਸਜ਼ਾ ਦਾ ਹਿੱਸਾ ਹਿਸਾਬ ਵਾਲੇ ਦਿਨ (ਭਾਵ ਕਿਆਮਤ) ਤੋਂ ਪਹਿਲਾਂ ਛੇਤੀ ਹੀ ਦੇ ਦੇ।

اصْبِرْ عَلَىٰ مَا يَقُولُونَ وَاذْكُرْ عَبْدَنَا دَاوُودَ
ذَا الْأَيْدِ ۖ إِنَّهُ أَوَّابٌ ﴿١٧﴾

17. (ਹੇ ਨਬੀ!) ਤੁਸੀਂ ਇਹਨਾਂ (ਕਾਫ਼ਿਰਾਂ) ਦੀਆਂ ਗੱਲਾਂ ਉੱਤੇ ਜੋ ਇਹ ਕਹਿ ਰਹੇ ਹਨ, ਧੀਰਜ ਤੋਂ ਕੰਮ ਲਓ ਅਤੇ ਸਾਡੇ ਬੰਦੇ ਦਾਊਦ ਨੂੰ ਯਾਦ ਕਰੋ ਜੋ ਜ਼ੋਰਾਵਰ, ਸ਼ਕਤੀਸ਼ਾਲੀ ਅਤੇ ਹਰੇਕ ਮਾਮਲੇ ਵਿਚ (ਰੱਬ ਵੱਲ) ਪਰਤਣ ਵਾਲਾ ਸੀ।

إِنَّا سَخَّرْنَا الْجِبَالَ مَعَهُ يُسَبِّحْنَ بِالْعَشِيِّ
وَالْإِشْرَاقِ ﴿١٨﴾

18. ਅਸੀਂ ਪਹਾੜਾਂ ਨੂੰ ਉਸ ਦੇ ਅਧੀਨ ਕਰ ਛੱਡਿਆ ਸੀ ਅਤੇ ਉਹ ਉਸ ਦੇ ਨਾਲ ਸੰਝ-ਸਵੇਰੇ (ਅੱਲਾਹ ਦੀ) ਤਸਬੀਹ (ਪਾਕੀ) ਬਿਆਨ ਕਰਿਆ ਕਰਦੇ ਸਨ।

وَالطَّيْرَ مَحْشُورَةً ۖ كُلٌّ لَّهُ أَوَّابٌ ﴿١٩﴾

19. ਅਤੇ ਪੰਛੀ ਵੀ (ਤਸਬੀਹ ਕਰਨ ਲਈ) ਇਕੱਠੇ ਹੋ ਆਉਂਦੇ ਅਤੇ ਉਹ ਸਾਰੇ ਉਸ (ਦਾਊਦ) ਦੇ ਆਗਿਆਕਾਰੀ ਸਨ।

وَشَدَدْنَا مُلْكَهُ وَآتَيْنَاهُ الْحِكْمَةَ وَفَصْلَ الْخِطَابِ ﴿٢٠﴾

20. ਅਤੇ ਅਸੀਂ ਉਸ ਦੀ ਹਕੂਮਤ ਨੂੰ ਮਜ਼ਬੂਤ ਕਰ ਦਿੱਤਾ ਅਤੇ ਉਸ ਨੂੰ ਹਿਕਮਤ (ਦਾਨਾਈ, ਸੂਝ-ਬੂਝ) ਬਖ਼ਸ਼ੀ ਅਤੇ ਫ਼ੈਸਲਾਕੁਨ ਗੱਲ ਆਖਣ ਦੀ ਯੋਗਤਾ ਵੀ ਦਿੱਤੀ ਸੀ।

وَهَلْ أَتَاكَ نَبَأُ الْخَصْمِ إِذْ تَسَوَّرُوا الْمِحْرَابَ ﴿٢١﴾

21 (ਹੇ ਮੁਹੰਮਦ!) ਕੀ ਤੁਹਾਨੂੰ ਝਗੜਨ ਵਾਲਿਆਂ ਦੀ ਖ਼ਬਰ ਹੈ, ਜਦੋਂ ਉਹ ਕੰਧ ਟੱਪ ਕੇ (ਦਾਊਦ ਦੇ) ਕਮਰੇ ਵਿਚ ਆ ਗਏ ਸਨ?

إِذْ دَخَلُوا عَلَىٰ دَاوُودَ فَفَزِعَ مِنْهُمْ ۖ قَالُوا لَا تَخَفْ ۖ خَصْمَانِ
بَغَىٰ بَعْضُنَا عَلَىٰ بَعْضٍ فَاحْكُم بَيْنَنَا بِالْحَقِّ
وَلَا تُشْطِطْ وَاهْدِنَا إِلَىٰ سَوَاءِ الصِّرَاطِ ﴿٢٢﴾

22 ਜਦੋਂ ਉਹ ਦਾਊਦ ਦੇ ਕੋਲ ਪਹੁੰਚੇ ਤਾਂ ਉਹ (ਦਾਊਦ) ਉਹਨਾਂ ਤੋਂ ਡਰ ਗਿਆ। ਤਾਂ ਉਹਨਾਂ (ਆਉਣ ਵਾਲਿਆਂ) ਨੇ ਆਖਿਆ ਕਿ ਤੁਸੀਂ ਸਾਥੋਂ ਡਰੋ ਨਾ ਅਸੀਂ ਦੋਵੇਂ ਇਕ ਦੂਜੇ ਨਾਲ ਝਗੜ ਪਏ ਹਾਂ, ਅਸੀਂ ਇਕ ਦੂਜੇ ਨਾਲ ਵਧੀਕੀ ਕੀਤੀ ਹੈ, ਸੋ ਤੁਸੀਂ ਸਾਡੇ ਵਿਚਾਲੇ ਹੱਕ ਅਨੁਸਾਰ ਫ਼ੈਸਲਾ ਕਰ ਦਿਓ ਅਤੇ ਬੇਇਨਸਾਫ਼ੀ ਨਾ ਹੋਵੇ ਅਤੇ ਇਨਸਾਫ਼ ਵੱਲ ਹੀ ਸਾਡੀ ਅਗਵਾਈ ਕਰੋ।

23 (ਇਕ ਬੋਲਿਆ ਕਿ) ਇਹ ਮੇਰਾ ਭਰਾ ਹੈ ਇਸ ਦੇ ਕੋਲੇ ਨੜ੍ਹਿਨਵੇਂ ਦੁੰਬੀਆਂ ਹਨ, ਜਦੋਂ ਕਿ ਮੇਰੇ ਕੋਲ ਇਕ ਹੀ ਦੁੰਬੀ ਹੈ। ਇਹ ਆਖਦਾ ਹੈ ਕਿ ਉਹ ਇਕ ਦੁੰਬੀ ਵੀ ਮੇਰੇ ਹਵਾਲੇ ਕਰਦੇ ਅਤੇ ਗੱਲੀਂ ਬਾਤੀਂ ਮੈਨੂੰ ਦਬਾ ਲੈਂਦਾ ਹੈ।

إِنَّ هَٰذَا أَخِي لَهُ تِسْعٌ وَتِسْعُونَ نَعْجَةً وَلِيَ نَعْجَةٌ
وَاحِدَةٌ فَقَالَ أَكْفِلْنِيهَا وَعَزَّنِي فِي الْخِطَابِ ﴿٢٣﴾

24 ਦਾਊਦ ਨੇ (ਬਿਨਾਂ ਦੂਜੀ ਧਿਰ ਦੀ ਗੱਲ ਸੁਣੇ ਅਤੇ ਬਿਨਾਂ ਕਿਸੇ ਗਵਾਹੀ ਤੋਂ ਫ਼ੈਸਲਾ) ਫ਼ਰਮਾਇਆ ਕਿ ਤੇਰੀ ਇਕ ਦੁੰਬੀ ਨੂੰ ਆਪਣੀਆਂ ਦੁੰਬੀਆਂ ਨਾਲ ਜੋੜਣ ਦੀ ਗੱਲ ਕਰਕੇ ਬੇਸ਼ੱਕ ਇਸ ਨੇ ਤੇਰੇ ਨਾਲ ਵਧੀਕੀ ਕੀਤੀ ਹੈ। ਆਮ ਕਰਕੇ ਸਾਂਝੀਦਾਰ ਇਕ ਦੂਜੇ ਨਾਲ ਧੋਖਾ ਕਰਦੇ ਹਨ, ਛੁੱਟ ਉਹਨਾਂ ਤੋਂ ਜਿਹੜੇ (ਰੱਬ 'ਤੇ) ਈਮਾਨ ਰੱਖਦੇ ਹਨ ਅਤੇ ਭਲੇ ਕੰਮ ਕਰਦੇ ਹਨ, ਅਜਿਹੇ ਲੋਕੀ ਤਾਂ ਬਹੁਤ ਹੀ ਥੋੜ੍ਹੇ ਹਨ। ਦਾਊਦ ਸਮਝ ਗਿਆ ਕਿ ਅਸੀਂ (ਇਸ ਫ਼ੈਸਲੇ ਰਾਹੀਂ) ਉਸ ਨੂੰ ਅਜ਼ਮਾਇਆ ਹੈ। ਫੇਰ ਤਾਂ ਉਸ (ਦਾਊਦ) ਨੇ ਆਪਣੇ ਰੱਬ ਤੋਂ ਬਖ਼ਸ਼ਿਸ਼ ਦੀ ਦੁਆ ਮੰਗੀ ਅਤੇ ਰੁਕੂਅ ਵਿਚ ਝੁਕ ਗਿਆ ਅਤੇ (ਰੱਬ ਵੱਲ) ਪਰਤ ਆਇਆ।

قَالَ لَقَدْ ظَلَمَكَ بِسُؤَالِ نَعْجَتِكَ إِلَىٰ نِعَاجِهِ
وَإِنَّ كَثِيرًا مِنَ الْخُلَطَاءِ لَيَبْغِي بَعْضُهُمْ عَلَىٰ بَعْضٍ
إِلَّا الَّذِينَ آمَنُوا وَعَمِلُوا الصَّالِحَاتِ وَقَلِيلٌ مَا هُمْ وَظَنَّ
دَاوُودُ أَنَّمَا فَتَنَّاهُ فَاسْتَغْفَرَ رَبَّهُ وَخَرَّ رَاكِعًا وَأَنَابَ ۩ ﴿٢٤﴾

25 ਅਸੀਂ (ਰੱਬ ਨੇ) ਉਸ ਦੀ ਇਹ ਭੁੱਲ ਬਖ਼ਸ਼ ਦਿੱਤੀ। ਬੇਸ਼ੱਕ ਉਸ ਲਈ ਸਾਡੇ ਕੋਲ ਨਿਕਟਵਰਤੀ ਸਥਾਨ ਤੇ ਸੋਹਣਾ ਟਿਕਾਣਾ (ਭਾਵ ਜੰਨਤ) ਹੈ।

فَغَفَرْنَا لَهُ ذَٰلِكَ وَإِنَّ لَهُ عِنْدَنَا لَزُلْفَىٰ
وَحُسْنَ مَآبٍ ﴿٢٥﴾

26. ਅਸੀਂ ਕਿਹਾ ਕਿ ਹੇ ਦਾਊਦ! ਅਸੀਂ ਤੁਹਾਨੂੰ ਧਰਤੀ 'ਤੇ ਖ਼ਲੀਫ਼ਾ (ਰੱਬੀ ਹਾਕਮ) ਬਣਾਇਆ ਹੈ, ਸੋ ਤੂੰ ਲੋਕਾਂ ਵਿਚਕਾਰ ਇਨਸਾਫ਼ ਅਨੁਸਾਰ ਫ਼ੈਸਲੇ ਕਰ ਅਤੇ ਆਪਣੀ ਇੱਛਾ ਦੇ ਪਿੱਛੇ ਨਾ ਲੱਗ। ਇਹ (ਮਨ ਦੀ ਇੱਛਾ) ਤੈਨੂੰ ਅੱਲਾਹ ਦੇ ਰਸਤੇ ਤੋਂ ਹਟਾ ਦੇਵੇਗੀ। ਜਿਹੜੇ ਲੋਕ ਅੱਲਾਹ ਦੀ ਰਾਹ ਤੋਂ ਭਟਕ ਜਾਂਦੇ ਹਨ ਉਹਨਾਂ ਲਈ ਕਰੜਾ ਅਜ਼ਾਬ ਹੈ ਇਸ ਲਈ ਕਿ ਉਹਨਾਂ ਨੇ ਹਿਸਾਬ ਹੋਣ ਵਾਲੇ ਦਿਨ (ਕਿਆਮਤ) ਨੂੰ ਭੁਲਾ ਦਿੱਤਾ ਹੈ।

يَا دَاوُودُ إِنَّا جَعَلْنَاكَ خَلِيفَةً فِي الْأَرْضِ فَاحْكُمْ بَيْنَ
النَّاسِ بِالْحَقِّ وَلَا تَتَّبِعِ الْهَوَىٰ فَيُضِلَّكَ عَنْ
سَبِيلِ اللَّهِ إِنَّ الَّذِينَ يَضِلُّونَ عَنْ سَبِيلِ اللَّهِ
لَهُمْ عَذَابٌ شَدِيدٌ بِمَا نَسُوا يَوْمَ الْحِسَابِ ﴿٢٦﴾

27. ਅਸੀਂ ਅਕਾਸ਼ ਤੇ ਧਰਤੀ ਨੂੰ ਅਤੇ ਜੋ ਇਹਨਾਂ ਦੇ ਵਿਚਾਲੇ ਹੈ, ਵਿਅਰਥ ਨਹੀਂ ਸਾਜਿਆ, ਇਹ ਤਾਂ ਵਿਚਾਰ ਉਹਨਾਂ ਲੋਕਾਂ ਦਾ ਹੈ ਜਿਹੜੇ ਰੱਬ ਦਾ ਇਨਕਾਰ ਕਰਦੇ ਹਨ ਅਤੇ ਜਿਹੜੇ ਇਨਕਾਰੀ ਹਨ ਉਹਨਾਂ ਲਈ ਨਰਕ ਦੀ ਅੱਗ ਰਾਹੀਂ ਬਰਬਾਦੀ ਹੈ।

وَمَا خَلَقْنَا السَّمَاءَ وَالْأَرْضَ وَمَا بَيْنَهُمَا بَاطِلًا ۚ ذَٰلِكَ ظَنُّ الَّذِينَ كَفَرُوا ۚ فَوَيْلٌ لِّلَّذِينَ كَفَرُوا مِنَ النَّارِ 27

28. ਕੀ ਅਸੀਂ ਈਮਾਨ ਲਿਆਉਣ ਵਾਲੇ ਤੇ ਭਲੇ ਕੰਮ ਕਰਨ ਵਾਲਿਆਂ ਨੂੰ ਉਹਨਾਂ ਲੋਕਾਂ ਦੇ ਬਰਾਬਰ ਕਰ ਦਿਆਂਗੇ ਜਿਹੜੇ ਧਰਤੀ 'ਤੇ ਵਿਗਾੜ ਪਾਉਣ ਵਾਲੇ ਹਨ? ਜਾਂ ਅਸੀਂ ਮੁੱਤਕੀਨ (ਬੁਰਾਈਆਂ ਤੋਂ ਬਚਣ ਵਾਲਿਆਂ) ਨਾਲ ਬਦਕਾਰਾਂ ਵਰਗਾ (ਸਲੂਕ) ਕਰਾਂਗੇ।

أَمْ نَجْعَلُ الَّذِينَ آمَنُوا وَعَمِلُوا الصَّالِحَاتِ كَالْمُفْسِدِينَ فِي الْأَرْضِ أَمْ نَجْعَلُ الْمُتَّقِينَ كَالْفُجَّارِ 28

29. ਇਹ (ਕੁਰਆਨ) ਬਰਕਤਾਂ ਵਾਲੀ ਕਿਤਾਬ ਹੈ ਜਿਸ ਨੂੰ ਅਸੀਂ ਤੁਹਾਡੇ ਵੱਲ (ਹੇ ਮੁਹੰਮਦ!) ਇਸ ਲਈ ਉਤਾਰੀ ਹੈ ਤਾਂ ਜੋ ਲੋਕੀ ਇਸ ਦੀਆਂ ਆਇਤਾਂ (ਆਦੇਸ਼ਾਂ) 'ਤੇ ਸੋਚ ਵਿਚਾਰ ਕਰਨ ਅਤੇ ਅਕਲ ਵਾਲੇ ਇਸ ਤੋਂ ਨਸੀਹਤ ਗ੍ਰਹਿਣ ਕਰਨ।

كِتَابٌ أَنزَلْنَاهُ إِلَيْكَ مُبَارَكٌ لِّيَدَّبَّرُوا آيَاتِهِ وَلِيَتَذَكَّرَ أُولُو الْأَلْبَابِ 29

30 ਅਸੀਂ ਦਾਊਦ ਨੂੰ ਸੁਲੇਮਾਨ ਜਿਹਾ ਪੁੱਤਰ ਬਖ਼ਸ਼ਿਆ, ਜਿਹੜਾ ਬਹੁਤ ਹੀ ਨੇਕ ਬੰਦਾ ਸੀ ਅਤੇ ਉਹ ਬਹੁਲਤਾ ਨਾਲ (ਰੱਬ ਵੱਲ) ਪਰਤਣ ਵਾਲਾ ਸੀ।

وَوَهَبْنَا لِدَاوُودَ سُلَيْمَانَ ۚ نِعْمَ الْعَبْدُ ۖ إِنَّهُ أَوَّابٌ 30

31 ਜਦੋਂ ਸ਼ਾਮ ਵੇਲੇ ਉਸ (ਸੁਲੇਮਾਨ) ਦੇ ਅੱਗੇ ਤੇਜ਼ ਭੱਜਣ ਵਾਲੇ ਅਸੀਲ ਘੋੜੇ ਹਾਜ਼ਰ ਕੀਤੇ ਗਏ। (ਜਿਸ ਕਾਰਨ ਨਮਾਜ਼ ਦਾ ਸਮਾਂ ਬੀਤ ਗਿਆ)

إِذْ عُرِضَ عَلَيْهِ بِالْعَشِيِّ الصَّافِنَاتُ الْجِيَادُ 31

32. (ਯਾਦ ਆਉਣ 'ਤੇ) ਉਸ ਨੇ ਆਖਿਆ ਕਿ ਮੈਨੇ ਆਪਣੇ ਰੱਬ ਦੀ ਯਾਦ ਨੂੰ ਇਸ ਮਾਲ (ਘੋੜਿਆਂ) ਦੀ ਮੁਹੱਬਤ 'ਤੇ ਪਹਿਲ ਦਿੱਤੀ, ਇੱਥੋਂ ਤਕ ਕਿ ਸੂਰਜ ਅੱਖਾਂ ਤੋਂ ਉਹਲੇ ਹੋ ਗਿਆ।

فَقَالَ إِنِّي أَحْبَبْتُ حُبَّ الْخَيْرِ عَن ذِكْرِ رَبِّي حَتَّىٰ تَوَارَتْ بِالْحِجَابِ 32

33 ਸੁਲੇਮਾਨ ਨੇ ਹੁਕਮ ਦਿੱਤਾ ਕਿ ਇਹਨਾਂ ਘੋੜਿਆਂ ਨੂੰ ਮੇਰੇ ਕੋਲ ਲਿਆਓ। ਫੇਰ ਉਹਨਾਂ ਦੀਆਂ ਪਿੰਨੀਆਂ ਤੇ ਗਰਦਨਾਂ 'ਤੇ ਹੱਥ ਫੇਰਨ ਲੱਗਾ। ([illegible] ਕਰਣ ਲੱਗ ਪਿਆ)

رُدُّوهَا عَلَيَّ ۖ فَطَفِقَ مَسْحًا بِالسُّوقِ وَالْأَعْنَاقِ 33

34. ਨਿਰਸੰਦੇਹ, ਅਸੀਂ ਸੁਲੈਮਾਨ ਨੂੰ ਅਜ਼ਮਾਇਆ ਅਤੇ ਅਸੀਂ ਉਸ ਦੀ ਕੁਰਸੀ ਉੱਤੇ ਇਕ ਬੇਜਾਨ ਧੜ ਰੱਖ ਦਿੱਤਾ। ਫੇਰ ਉਸ (ਸੁਲੈਮਾਨ) ਨੇ ਰੱਬ ਵੱਲ ਧਿਆਨ ਦਿੱਤਾ।

وَلَقَدْ فَتَنَّا سُلَيْمَانَ وَأَلْقَيْنَا عَلَىٰ كُرْسِيِّهِ جَسَدًا ثُمَّ أَنَابَ (34)

35 ਉਸ ਨੇ ਕਿਹਾ ਕਿ ਹੇ ਮੇਰੇ ਰੱਬ! ਮੈਨੂੰ ਬਖ਼ਸ਼ ਦੇ ਅਤੇ ਮੈਨੂੰ ਉਹ ਪਾਤਸ਼ਾਹੀ ਬਖ਼ਸ਼ ਜਿਹੜੀ ਮੇਰੇ ਪਿੱਛੋਂ ਕਿਸੇ ਨੂੰ ਨਾ ਫਬੇ। ਬੇਸ਼ੱਕ ਤੂੰ ਹੀ ਸਭ ਤੋਂ ਵੱਡਾ ਦਾਤਾ ਹੈ।

قَالَ رَبِّ اغْفِرْ لِي وَهَبْ لِي مُلْكًا لَّا يَنبَغِي لِأَحَدٍ مِّن بَعْدِي إِنَّكَ أَنتَ الْوَهَّابُ (35)

36 ਫੇਰ ਅਸੀਂ ਹਵਾ ਨੂੰ ਉਸ ਦੇ ਅਧੀਨ ਕਰ ਦਿੱਤਾ, ਉਹ (ਹਵਾ) ਉਸ ਦੇ ਹੁਕਮ ਅਨੁਸਾਰ ਜਿਧਰ ਉਹ ਚਾਹੁੰਦਾ ਸੀ, ਨਰਮੀ ਨਾਲ ਵਗਦੀ ਸੀ।

فَسَخَّرْنَا لَهُ الرِّيحَ تَجْرِي بِأَمْرِهِ رُخَاءً حَيْثُ أَصَابَ (36)

37. ਸ਼ੈਤਾਨਾਂ (ਜਿੰਨਾਂ) ਨੂੰ ਵੀ, ਜਿਹੜੇ ਭਵਨ ਉਸਾਰਦੇ ਸੀ ਅਤੇ (ਸਮੁੰਦਰਾਂ ਵਿਚ) ਗੋਤੇ ਲਗਾਉਂਦੇ ਸੀ, ਉਸ ਦੇ ਅਧੀਨ ਕਰ ਛੱਡੇ ਸਨ।

وَالشَّيَاطِينَ كُلَّ بَنَّاءٍ وَغَوَّاصٍ (37)

38 ਅਤੇ ਹੋਰ (ਜਿੰਨ) ਜਿਹੜੇ ਸੰਗਲਾਂ ਨਾਲ ਜਕੜੇ ਹੋਏ ਸਨ। (ਉਹ ਵੀ ਅਧੀਨ ਸੀ)।

وَآخَرِينَ مُقَرَّنِينَ فِي الْأَصْفَادِ (38)

39. (ਹੇ ਸੁਲੈਮਾਨ!) ਇਹ ਹੈ ਸਾਡੇ ਵੱਲੋਂ ਬਖ਼ਸ਼ਿਸ਼, ਸੋ ਹੁਣ ਤੂੰ ਚਾਹੇਂ ਕਿਸੇ 'ਤੇ ਅਹਿਸਾਨ ਕਰ ਜਾਂ ਨਾ ਕਰ, ਇਸ ਦੀ ਕੋਈ ਪੁੱਛ-ਗਿੱਛ ਨਹੀਂ।

هَٰذَا عَطَاؤُنَا فَامْنُنْ أَوْ أَمْسِكْ بِغَيْرِ حِسَابٍ (39)

40. ਬੇਸ਼ੱਕ ਉਸ ਲਈ ਸਾਡੇ ਕੋਲ ਨਿਕਟਵਰਤੀ ਅਤੇ ਵਧੀਆ ਟਿਕਾਣਾ ਹੈ।

وَإِنَّ لَهُ عِندَنَا لَزُلْفَىٰ وَحُسْنَ مَآبٍ (40)

41 ਅਤੇ (ਹੇ ਮੁਹੰਮਦ!) ਜ਼ਰਾ ਸਾਡੇ ਬੰਦੇ ਅੱਯੂਬ ਦੀ ਵੀ ਚਰਚਾ ਕਰੋ, ਜਦੋਂ ਉਸ ਨੇ ਆਪਣੇ ਰੱਬ ਨੂੰ ਅਰਦਾਸ ਕੀਤੀ ਸੀ ਕਿ ਮੈਨੂੰ ਸ਼ੈਤਾਨ ਨੇ ਦੁੱਖ ਤੇ (ਬੀਮਾਰੀ ਦੇ) ਅਜ਼ਾਬ ਵਿਚ ਪਾ ਸੁੱਟਿਆ ਹੈ।

وَاذْكُرْ عَبْدَنَا أَيُّوبَ إِذْ نَادَىٰ رَبَّهُ أَنِّي مَسَّنِيَ الشَّيْطَانُ بِنُصْبٍ وَعَذَابٍ (41)

42. ਅਸਾਂ ਕਿਹਾ ਕਿ ਆਪਣਾ ਪੈਰ ਧਰਤੀ 'ਤੇ (ਦੱਬ ਕੇ) ਮਾਰ (ਕੇ ਪਾਣੀ ਕੱਢੋ), ਇਹ ਠੰਢਾ ਪਾਣੀ ਇਸ਼ਨਾਨ ਲਈ ਤੇ ਪੀਣ ਲਈ ਹੈ।

ارْكُضْ بِرِجْلِكَ هَٰذَا مُغْتَسَلٌ بَارِدٌ وَشَرَابٌ (42)

43. ਅਸੀਂ ਉਸ (ਅੱਯੂਬ) ਨੂੰ ਉਸ ਦਾ ਪੂਰਾ ਪਰਿਵਾਰ ਦੇ ਦਿੱਤਾ ਸਗੋਂ ਆਪਣੇ ਵੱਲੋਂ ਮਿਹਰ ਕਰਕੇ ਉੱਨੇ ਹੀ ਹੋਰ ਬਖ਼ਸ਼ ਦਿੱਤੇ। (ਇਹਨਾਂ ਗੱਲਾਂ ਵਿਚ) ਅਕਲ ਵਾਲਿਆਂ ਲਈ ਨਸੀਹਤਾਂ ਹਨ।

وَوَهَبْنَا لَهُ أَهْلَهُ وَمِثْلَهُم مَّعَهُمْ رَحْمَةً مِّنَّا وَذِكْرَىٰ لِأُولِي الْأَلْبَابِ ﴿٤٣﴾

44. ਅਸੀਂ ਆਦੇਸ਼ ਦਿੱਤਾ ਕਿ ਆਪਣੇ ਹੱਥ ਵਿਚ ਸੌ ਤੀਲ੍ਹੀਆਂ ਦਾ ਇਕ ਮੁੱਠਾ (ਝਾੜ ਝਾੜੂ) ਫੜ ਅਤੇ (ਆਪਣੀ ਕਸਮ ਨੂੰ ਪੂਰਾ ਕਰਨ ਲਈ) ਉਸ ਦੇ ਨਾਲ ਆਪਣੀ ਪਤਨੀ ਨੂੰ ਮਾਰ, ਆਪਣੀ ਕਸਮ ਨੂੰ ਨਾ ਤੋੜ।[1] (ਸੱਚੀ ਗੱਲ ਤਾਂ ਇਹ ਹੈ ਕਿ) ਅਸੀਂ ਉਸ (ਅੱਯੂਬ) ਨੂੰ ਸਬਰ ਕਰਨ ਵਾਲਾ ਪਾਇਆ। (ਉਹ) ਬਹੁਤ ਹੀ ਨੇਕ ਬੰਦਾ ਸੀ ਅਤੇ (ਰੱਬ ਵੱਲ) ਮੁੜ ਆਉਣ ਵਾਲਾ ਸੀ।

وَخُذْ بِيَدِكَ ضِغْثًا فَاضْرِب بِّهِ وَلَا تَحْنَثْ ۗ إِنَّا وَجَدْنَاهُ صَابِرًا ۚ نِّعْمَ الْعَبْدُ ۖ إِنَّهُ أَوَّابٌ ﴿٤٤﴾

45. ਸਾਡੇ ਬੰਦੇ ਇਬਰਾਹੀਮ, ਇਸਹਾਕ ਤੇ ਯਾਕੂਬ ਦੀ ਵੀ ਚਰਚਾ ਕਰੋ, ਜਿਹੜੇ ਕਾਰਜਸ਼ਕਤੀ ਰੱਖਣ ਵਾਲੇ ਸੂਝਵਾਨ ਲੋਕ ਸਨ।

وَاذْكُرْ عِبَادَنَا إِبْرَاهِيمَ وَإِسْحَاقَ وَيَعْقُوبَ أُولِي الْأَيْدِي وَالْأَبْصَارِ ﴿٤٥﴾

46. ਅਸੀਂ ਉਹਨਾਂ ਨੂੰ ਇਕ ਵਿਸ਼ੇਸ਼ ਗੁਣ, ਪਰਲੋਕ ਦੀ ਯਾਦ, ਕਾਰਨ ਚੁਣ ਲਿਆ ਸੀ।

إِنَّا أَخْلَصْنَاهُم بِخَالِصَةٍ ذِكْرَى الدَّارِ ﴿٤٦﴾

47. ਉਹ ਸਾਰੇ ਸਾਡੇ ਲਈ (ਰੱਬ ਲਈ) ਚੋਣਵੇਂ ਨੇਕ ਲੋਕਾਂ ਵਿੱਚੋਂ ਸਨ।

وَإِنَّهُمْ عِندَنَا لَمِنَ الْمُصْطَفَيْنَ الْأَخْيَارِ ﴿٤٧﴾

48. ਇਸਮਾਈਲ, ਅਲ-ਯਸਆ ਤੇ ਜ਼ੁਲ-ਕਿਫ਼ਲ ਦੀ ਵੀ ਚਰਚਾ ਕਰੋ, ਇਹ ਸਾਰੇ ਨੇਕ ਲੋਕਾਂ ਵਿੱਚੋਂ ਸਨ।

وَاذْكُرْ إِسْمَاعِيلَ وَالْيَسَعَ وَذَا الْكِفْلِ ۖ وَكُلٌّ مِّنَ الْأَخْيَارِ ﴿٤٨﴾

49. ਇਹ (ਕੁਰਆਨ) ਇਕ ਨਸੀਹਤ ਹੈ ਅਤੇ (ਸੱਚ ਜਾਣ ਕਿ) ਮੁੱਤਕੀਨ (ਬੁਰਾਈਆਂ ਤੋਂ ਬਚਣ ਵਾਲਿਆਂ) ਲਈ ਬਹੁਤ ਹੀ ਵਧੀਆ ਥਾਂ (ਸਵਰਗ) ਹੈ।

هَٰذَا ذِكْرٌ ۚ وَإِنَّ لِلْمُتَّقِينَ لَحُسْنَ مَآبٍ ﴿٤٩﴾

---

[1] ਹਜ਼ਰਤ ਅਯੂਬ ਦੀ ਪਤਨੀ ਬਿਮਾਰੀ ਦੇ ਦਿਨਾਂ ਵਿਚ ਉਨ੍ਹਾਂ ਦੀ ਸੇਵਾ ਕਰਿਆ ਕਰਦੀ ਸੀ। ਇਕ ਵਾਰ ਕਿਸੇ ਗੱਲ ਤੇ ਨਾਰਾਜ਼ ਹੋਕੇ ਹਜ਼ਰਤ ਅਯੂਬ ਨੇ ਉਸ ਨੂੰ 100 ਕੋਰੜੇ ਮਾਰਨ ਦੀ ਕਸਮ ਖਾ ਲਈ, ਸੋ ਅੱਲਾਹ ਨੇ ਉਨ੍ਹਾਂ ਨੂੰ ਹੁਕਮ ਦਿੱਤਾ ਕਿ 100 ਝਾੜੂ ਦੀਆਂ ਸਿੱਖਾਂ ਲੈਕੇ ਇਕ ਵਾਰ ਉਸ ਨੂੰ ਮਾਰੋ ਤੇਰੀ ਕਸਮ ਪੂਰੀ ਹੋ ਜਾਵੇਗੀ।

50 ਸਦੀਵੀ ਰਹਿਣ ਵਾਲੇ ਬਾਗ਼ ਹਨ ਜਿਨ੍ਹਾਂ ਦੇ ਬੂਹੇ ਉਹਨਾਂ (ਨੇਕ ਲੋਕਾਂ) ਲਈ ਖੁੱਲ੍ਹੇ ਹੋਣਗੇ।

جَنّٰتِ عَدْنٍ مُّفَتَّحَةً لَّهُمُ الْاَبْوَابُ (50)

51 ਜਿੱਥੇ ਉਹ ਬੜੇ ਆਰਾਮ ਨਾਲ ਢਾਸਣੇ ਲਾਈਂ ਬੈਠੇ ਹੋਣਗੇ ਅਤੇ ਤਰ੍ਹਾਂ-ਤਰ੍ਹਾਂ ਦੇ ਫਲਾਂ ਦੀਆਂ ਤੇ ਪੀਣ ਵਾਲੀਆਂ ਚੀਜ਼ਾਂ ਦੀਆਂ ਫ਼ਰਮਾਇਸ਼ਾਂ ਕਰਨਗੇ।

مُتَّكِـِٕيْنَ فِيْهَا يَدْعُوْنَ فِيْهَا بِفَاكِهَةٍ كَثِيْرَةٍ وَّشَرَابٍ (51)

52. ਉਹਨਾਂ ਦੇ ਕੋਲ ਨਜ਼ਰਾਂ ਨੂੰ ਨੀਵੀਆਂ ਰੱਖਣ ਵਾਲੀਆਂ ਤੇ ਹਾਣ-ਪਰਵਾਣ ਦੀਆਂ ਪਤਨੀਆਂ ਹੋਣਗੀਆਂ।

وَعِنْدَهُمْ قٰصِرٰتُ الطَّرْفِ اَتْرَابٌ (52)

53 (ਆਖਿਆ ਜਾਵੇਗਾ ਕਿ) ਇਹ ਹੈ ਉਹ ਵਾਅਦਾ, ਜਿਹੜਾ ਤੁਹਾਡੇ (ਨੇਕ ਲੋਕਾਂ) ਨਾਲ ਹਿਸਾਬ ਵਾਲੇ ਦਿਨ ਲਈ ਕੀਤਾ ਜਾਂਦਾ ਸੀ।

هٰذَا مَا تُوْعَدُوْنَ لِيَوْمِ الْحِسَابِ (53)

54 ਬੇਸ਼ੱਕ ਇਹ ਰਿਜ਼ਕ ਸਾਡੇ ਵੱਲੋਂ ਵਿਸ਼ੇਸ਼ ਬਖ਼ਸ਼ਿਸ਼ ਹੈ, ਜਿਹੜਾ ਕਦੇ ਵੀ ਮੁੱਕੇਗਾ ਨਹੀਂ।

اِنَّ هٰذَا لَرِزْقُنَا مَا لَهٗ مِنْ نَّفَادٍ (54)

55. ਇਹ ਤਾਂ ਹੈ (ਨੇਕ ਲੋਕਾਂ) ਦਾ ਬਦਲਾ, ਪ੍ਰੰਤੂ ਬਾਗ਼ੀਆਂ ਲਈ ਬਹੁਤ ਹੀ (ਭੈੜਾ) ਟਿਕਾਣਾ ਹੈ।

هٰذَا ۗ وَاِنَّ لِلطّٰغِيْنَ لَشَرَّ مَاٰبٍ (55)

56 ਭਾਵ ਨਰਕ ਹੈ ਜਿਸ ਵਿਚ ਉਹ (ਇਨਕਾਰੀ) ਜਾਣਗੇ, ਉਹ ਬਹੁਤ ਹੀ ਭੈੜਾ ਨਿਵਾਸ-ਸਥਾਨ ਹੈ।

جَهَنَّمَ ۚ يَصْلَوْنَهَا ۚ فَبِئْسَ الْمِهَادُ (56)

57. ਇਹ ਖੌਲਦਾ ਹੋਇਆ ਪਾਣੀ ਤੇ ਪੀਪ ਹੈ, ਹੁਣ ਉਹ ਇਸ ਦਾ ਸੁਆਦ ਚੱਖਣ।

هٰذَا ۙ فَلْيَذُوْقُوْهُ حَمِيْمٌ وَّغَسَّاقٌ (57)

58 ਇਸੇ ਪ੍ਰਕਾਰ ਦੀਆਂ ਹੋਰ ਕਈ ਤਰ੍ਹਾਂ ਦੀਆਂ ਦੂਜੀਆਂ ਸਜ਼ਾਵਾਂ ਵੀ ਹੋਣਗੀਆਂ।

وَّاٰخَرُ مِنْ شَكْلِهٖٓ اَزْوَاجٌ (58)

59. ਕਿਹਾ ਜਾਵੇਗਾ ਇਹ ਤੁਹਾਡੇ ਪੈਰੋਕਾਰਾਂ ਦਾ ਜੱਥਾ ਹੈ ਜਿਹੜਾ ਤੁਹਾਡੇ ਨਾਲ (ਨਰਕ ਵਿਚ) ਘੁਸਦਾ ਜਾ ਰਿਹਾ ਹੈ। ਇਹਨਾਂ ਲਈ ਕੋਈ ਖ਼ੁਸ਼ੀ ਜਾਂ ਕੋਈ ਖੁੱਲ੍ਹ ਨਹੀਂ ਹੋਵੇਗੀ ਸਗੋਂ ਇਹ ਤਾਂ ਨਰਕ ਦੀ ਅੱਗ ਵਿਚ ਜਾਣ ਵਾਲੇ ਹਨ।

هٰذَا فَوْجٌ مُّقْتَحِمٌ مَّعَكُمْ ۚ لَا مَرْحَبًا بِهِمْ ۗ اِنَّهُمْ صَالُوا النَّارِ (59)

60. ਉਹ (ਸਰਕਸ਼ੀ ਕਰਨ ਵਾਲੇ) ਆਖਣਗੇ ਕਿ ਸਗੋਂ ਤੁਸੀਂ ਹੀ ਇਸ ਯੋਗ ਹੋ ਕਿ ਤੁਹਾਡੇ ਲਈ ਕੋਈ ਖ਼ੁਸ਼ੀ ਜਾਂ ਕੋਈ ਖੁੱਲ੍ਹ ਨਹੀਂ ਭਾਵ ਕੋਈ

قَالُوْا بَلْ اَنْتُمْ ۗ لَا مَرْحَبًا بِكُمْ ۗ اَنْتُمْ قَدَّمْتُمُوْهُ لَنَا ۚ فَبِئْسَ الْقَرَارُ (60)

ਆਓ-ਭਗਤ ਨਹੀਂ। ਤੁਸੀਂ ਹੀ ਇਸ (ਨਰਕ) ਨੂੰ ਸਾਡੇ ਸਾਹਮਣੇ ਲਿਆਏ ਹੋ, ਇਹ ਬਹੁਤ ਹੀ ਭੈੜਾ ਨਿਵਾਸ-ਸਥਾਨ ਹੈ।

قَالُوا رَبَّنَا مَنْ قَدَّمَ لَنَا هَٰذَا فَزِدْهُ عَذَابًا ضِعْفًا فِي النَّارِ (61)

61. ਉਹ ਆਖਣਗੇ ਕਿ ਹੇ ਸਾਡੇ ਰੱਬਾ ਜਿਹੜਾ ਵੀ ਕੋਈ ਸਾਡੇ ਸਾਹਮਣੇ ਇਹ ਅੰਤ ਲਿਆਇਆ ਹੈ ਉਸ ਲਈ ਨਰਕ ਦੀ ਸਜ਼ਾ (ਅਜ਼ਾਬ) ਦੂਣੀ ਕਰਦੇ।

وَقَالُوا مَا لَنَا لَا نَرَىٰ رِجَالًا كُنَّا نَعُدُّهُمْ مِنَ الْأَشْرَارِ (62)

62. ਉਹ (ਨਰਕੀ) ਆਖਣਗੇ, ਕੀ ਗੱਲ ਹੈ ਕਿ ਅੱਜ ਸਾਨੂੰ ਉਹ ਲੋਕੀ ਵਿਖਾਈ ਨਹੀਂ ਦਿੰਦੇ, ਜਿਨ੍ਹਾਂ ਨੂੰ ਅਸੀਂ ਭੈੜਿਆਂ ਵਿਚ ਗਿਣਦੇ ਸਾਂ?

أَتَّخَذْنَاهُمْ سِخْرِيًّا أَمْ زَاغَتْ عَنْهُمُ الْأَبْصَارُ (63)

63. ਕੀ ਅਸੀਂ ਐਵੇਂ ਹੀ (ਸੰਸਾਰ ਵਿਚ) ਉਹਨਾਂ ਦਾ ਮਖੌਲ ਕਰਦੇ ਸੀ ਜਾਂ ਸਾਡੀਆਂ ਅੱਖਾਂ ਹੀ ਉਹਨਾਂ ਤੋਂ ਫਿਰ ਗਈਆਂ ਹਨ?

إِنَّ ذَٰلِكَ لَحَقٌّ تَخَاصُمُ أَهْلِ النَّارِ (64)

64. ਇਹ ਗੱਲ ਸੱਚੀ ਹੈ ਕਿ ਨਰਕੀਆਂ ਵਿਚ ਆਪਸੀ ਝਗੜਾ ਜ਼ਰੂਰ ਹੋਵੇਗਾ।

قُلْ إِنَّمَا أَنَا مُنْذِرٌ ۖ وَمَا مِنْ إِلَٰهٍ إِلَّا اللَّهُ الْوَاحِدُ الْقَهَّارُ (65)

65. (ਹੇ ਮੁਹੰਮਦ) ਤੁਸੀਂ ਕਹਿ ਦਿਓ ਕਿ ਮੈਂ ਤਾਂ ਕੇਵਲ ਚਿਤਾਵਨੀ ਦੇਣ ਵਾਲਾ ਹਾਂ ਅਤੇ ਇੱਕ ਅੱਲਾਹ ਜ਼ੋਰਾਵਰ ਤੋਂ ਹੋਰ ਕੋਈ ਪੂਜਣਹਾਰ ਨਹੀਂ।

رَبُّ السَّمَاوَاتِ وَالْأَرْضِ وَمَا بَيْنَهُمَا الْعَزِيزُ الْغَفَّارُ (66)

66. ਜਿਹੜਾ ਕਿ ਅਕਾਸ਼ਾਂ ਤੇ ਧਰਤੀ ਦਾ ਅਤੇ ਜੋ ਕੁੱਝ ਵੀ ਉਹਨਾਂ ਦੇ ਵਿਚਾਲੇ ਹੈ ਉਹਨਾਂ ਸਭ ਦਾ ਮਾਲਿਕ ਹੈ। ਉਹ ਜ਼ੋਰਾਵਰ ਤੇ ਬਖ਼ਸ਼ਣਹਾਰ ਹੈ।

قُلْ هُوَ نَبَأٌ عَظِيمٌ (67)

67. (ਹੇ ਨਬੀ!) ਤੁਸੀਂ ਆਖ ਦਿਓ ਕਿ ਇਹ ਇਕ ਵੱਡੀ ਖ਼ਬਰ ਹੈ।

أَنْتُمْ عَنْهُ مُعْرِضُونَ (68)

68. ਜਿਸ ਨੂੰ ਸੁਣ ਕੇ ਤੁਸੀਂ ਮੂੰਹ ਫੇਰਨ ਵਾਲੇ ਹੋ।

مَا كَانَ لِيَ مِنْ عِلْمٍ بِالْمَلَإِ الْأَعْلَىٰ إِذْ يَخْتَصِمُونَ (69)

69. (ਹੇ ਨਬੀ!) ਉਹਨਾਂ ਨੂੰ ਆਖ ਦਿਓ ਕਿ ਮੈਨੂੰ ਸਭ ਤੋਂ ਉੱਚੇ ਦਰਬਾਰ (ਵਾਲੇ ਫ਼ਰਿਸ਼ਤਿਆਂ) ਦਾ ਕੁੱਝ ਵੀ ਗਿਆਨ ਨਹੀਂ ਜਦੋਂ ਉਹ (ਮਨੁੱਖੀ ਸਿਰਜਨ 'ਤੇ ਰੱਬ ਨਾਲ) ਝਗੜ ਰਹੇ ਸੀ।

إِن يُوحَىٰٓ إِلَيَّ إِلَّآ أَنَّمَآ أَنَا۠ نَذِيرٌ مُّبِينٌ ﴿٧٠﴾

70. ਮੇਰੇ ਵੱਲ ਤਾਂ ਕੇਵਲ ਵਹੀ ਘੱਲੀ ਜਾਂਦੀ ਹੈ ਅਤੇ ਮੈਂ ਤਾਂ ਸਪਸ਼ਟ ਰੂਪ ਵਿਚ (ਨਰਕ ਦੀ ਅੱਗ ਤੋਂ) ਖ਼ਬਰਦਾਰ ਕਰਨ ਵਾਲਾ ਹਾਂ।

إِذْ قَالَ رَبُّكَ لِلْمَلَٰٓئِكَةِ إِنِّى خَٰلِقٌۢ بَشَرًا
مِّن طِينٍ ﴿٧١﴾

71. (ਯਾਦ ਕਰੋ) ਜਦੋਂ ਤੁਹਾਡੇ ਪਾਲਣਹਾਰ ਨੇ ਫ਼ਰਿਸ਼ਤਿਆਂ ਨੂੰ ਕਿਹਾ ਕਿ ਮੈਂ ਮਿੱਟੀ ਤੋਂ ਇਕ ਮਨੁੱਖ ਨੂੰ ਪੈਦਾ ਕਰਨ ਵਾਲਾ ਹਾਂ।

فَإِذَا سَوَّيْتُهُۥ وَنَفَخْتُ فِيهِ مِن رُّوحِى فَقَعُوا۟
لَهُۥ سَٰجِدِينَ ﴿٧٢﴾

72. ਜਦੋਂ ਮੈਂ ਇਸ (ਮਨੁੱਖ) ਨੂੰ ਠੀਕ-ਠਾਕ ਕਰ ਲਵਾਂ ਅਤੇ ਉਸ ਵਿਚ ਆਪਣੀ ਰੂਹ ਪਾ ਦੇਵਾਂ ਤਾਂ ਤੁਸੀਂ ਸਾਰੇ ਉਸ ਦੇ ਅੱਗੇ ਸਿਜਦੇ ਵਿਚ ਡਿਗ ਪੈਣਾ।

فَسَجَدَ ٱلْمَلَٰٓئِكَةُ كُلُّهُمْ أَجْمَعُونَ ﴿٧٣﴾

73. (ਇਸ ਆਦੇਸ਼ ਅਨੁਸਾਰ) ਸਾਰੇ ਫ਼ਰਿਸ਼ਤਿਆਂ ਨੇ ਇਕੱਠਾ ਹੋ ਕੇ ਸਿਜਦਾ ਕੀਤਾ।

إِلَّآ إِبْلِيسَ ٱسْتَكْبَرَ وَكَانَ مِنَ ٱلْكَٰفِرِينَ ﴿٧٤﴾

74. ਛੁੱਟ ਇਬਲੀਸ ਤੋਂ, ਉਸ ਨੇ ਘਮੰਡ ਕੀਤਾ, ਇੰਜ ਉਹ ਇਨਕਾਰੀਆਂ ਵਿੱਚੋਂ ਹੋ ਗਿਆ।

قَالَ يَٰٓإِبْلِيسُ مَا مَنَعَكَ أَن تَسْجُدَ لِمَا خَلَقْتُ
بِيَدَىَّ ۖ أَسْتَكْبَرْتَ أَمْ كُنتَ مِنَ ٱلْعَالِينَ ﴿٧٥﴾

75. ਪੁੱਛਿਆ ਕਿ ਹੇ ਇਬਲੀਸ। ਤੈਨੂੰ ਕਿਹੜੀ ਗੱਲ ਨੇ ਇਸ (ਮਨੁੱਖ) ਨੂੰ ਸਿਜਦਾ ਕਰਨ ਤੋਂ ਰੋਕਿਆ, ਜਿਸ ਨੂੰ ਮੈਂਨੇ ਆਪਣੇ ਹੱਥੀਂ ਸਾਜਿਆ ਹੈ? ਕੀ ਤੂੰ ਘਮੰਡੀ ਹੋ ਗਿਆ ਜਾਂ ਤੇਰਾ ਦਰਜਾ (ਉਹਨਾਂ ਫ਼ਰਿਸ਼ਤਿਆਂ ਨਾਲੋਂ) ਉੱਚਾ ਹੈ?[1]

قَالَ أَنَا۠ خَيْرٌ مِّنْهُ ۖ خَلَقْتَنِى مِن نَّارٍ وَخَلَقْتَهُۥ
مِن طِينٍ ﴿٧٦﴾

76. ਉਸ (ਇਬਲੀਸ) ਨੇ ਉੱਤਰ ਦਿੱਤਾ ਕਿ ਮੈਂ ਇਸ (ਆਦਮ) ਤੋਂ ਚੰਗਾ ਹਾਂ, ਤੁਸਾਂ ਮੈਨੂੰ ਅੱਗ ਤੋਂ ਪੈਦਾ ਕੀਤਾ ਹੈ ਜਦ ਕਿ ਇਸ (ਮਨੁੱਖ) ਨੂੰ ਮਿੱਟੀ ਤੋਂ ਬਣਾਇਆ ਹੈ।

قَالَ فَٱخْرُجْ مِنْهَا فَإِنَّكَ رَجِيمٌ ﴿٧٧﴾

77. ਅੱਲਾਹ ਵੱਲੋਂ ਹੁਕਮ ਹੋਇਆ ਕਿ ਤੂੰ ਐਥੋਂ ਨਿਕਲ ਜਾ ਤੂੰ ਤਾਂ ਮਰਦੂਦ (ਫਿਟਕਾਰਿਆ ਹੋਇਆ) ਹੈਂ।

وَإِنَّ عَلَيْكَ لَعْنَتِىٓ إِلَىٰ يَوْمِ ٱلدِّينِ ﴿٧٨﴾

78. ਅਤੇ ਕਿਆਮਤ ਤਕ ਲਈ ਤੇਰੇ ਉੱਤੇ ਮੇਰੀ ਫ਼ਿਟਕਾਰ ਹੈ।

---

1 ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 73/3

قَالَ رَبِّ فَأَنظِرْنِي إِلَىٰ يَوْمِ يُبْعَثُونَ (79)

79. (ਇਬਲੀਸ ਭਾਵ ਸ਼ੈਤਾਨ ਨੇ) ਆਖਿਆ ਕਿ ਹੇ ਮੇਰੇ ਰੱਬਾ! ਤਾਂ ਫੇਰ ਮੈਨੂੰ ਉਸ ਦਿਨ ਤਕ ਦੀ ਮੋਹਲਤ ਦੇ, ਜਦੋਂ ਲੋਕ ਮੁੜ (ਕਬਰਾਂ 'ਚੋਂ) ਉਠਾਏ ਜਾਣਗੇ।

قَالَ فَإِنَّكَ مِنَ الْمُنظَرِينَ (80)

80. ਫ਼ਰਮਾਇਆ ਕਿ ਬੇਸ਼ੱਕ ਤੂੰ ਵੀ ਮੋਹਲਤ ਦਿੱਤੀ ਜਾਣ ਵਾਲੇ ਲੋਕਾਂ ਵਿੱਚੋਂ ਹੋ ਗਿਆ।

إِلَىٰ يَوْمِ الْوَقْتِ الْمَعْلُومِ (81)

81 ਉਸ ਦਿਨ ਤਕ (ਮੋਹਲਤ) ਹੈ ਜਿਸ ਦਾ ਸਮਾਂ ਮੇਰੇ ਵੱਲੋਂ ਮਿਥਿਆ ਹੋਇਆ ਹੈ।

قَالَ فَبِعِزَّتِكَ لَأُغْوِيَنَّهُمْ أَجْمَعِينَ (82)

82. (ਸ਼ੈਤਾਨ ਨੇ) ਕਿਹਾ ਕਿ ਮੈਨੂੰ ਤੇਰੀ ਇੱਜ਼ਤ ਦੀ ਕਸਮ! ਮੈਂ ਉਹਨਾਂ ਸਭ (ਮਨੁੱਖਾਂ) ਨੂੰ (ਰੱਬ ਦੇ ਰਸਤਿਓਂ) ਲਾਜ਼ਮੀ ਕੁਰਾਹੇ ਪਾਵਾਂਗਾ।

إِلَّا عِبَادَكَ مِنْهُمُ الْمُخْلَصِينَ (83)

83. ਛੁੱਟ ਉਹਨਾਂ ਤੋਂ ਜਿਹੜੇ ਉਹਨਾਂ ਵਿੱਚੋਂ ਤੇਰੇ ਚੋਣਵੇਂ ਤੇ ਪਸੰਦ ਦੇ ਬੰਦੇ ਹਨ।

قَالَ فَالْحَقُّ وَالْحَقَّ أَقُولُ (84)

84 ਫ਼ਰਮਾਇਆ ਕਿ ਸੱਚੀ ਗੱਲ ਤਾਂ ਇਹੋ ਹੈ ਅਤੇ ਮੈਂ ਸੱਚ ਹੀ ਕਿਹਾ ਕਰਦਾ ਹਾਂ।

لَأَمْلَأَنَّ جَهَنَّمَ مِنكَ وَمِمَّن تَبِعَكَ مِنْهُمْ أَجْمَعِينَ (85)

85 ਕਿ ਮੈਂ ਤੇਰੇ ਅਤੇ ਤੇਰਾ ਕਹਿਣਾ ਮੰਨਣ ਵਾਲਿਆਂ ਨਾਲ ਨਰਕ ਨੂੰ ਜ਼ਰੂਰ ਭਰ ਦੇਵਾਂਗਾ।

قُلْ مَا أَسْأَلُكُمْ عَلَيْهِ مِنْ أَجْرٍ وَمَا أَنَا مِنَ الْمُتَكَلِّفِينَ (86)

86. (ਹੇ ਨਬੀ!) ਆਖ ਦਿਓ ਕਿ ਮੈਂ ਤੁਹਾਥੋਂ (ਰੱਬੀ ਸੁਨੇਹਾ ਪਚਾਉਣ ਦਾ) ਕੋਈ ਬਦਲਾ ਨਹੀਂ ਮੰਗਦਾ ਅਤੇ ਨਾ ਹੀ ਮੈਂ ਕੋਈ ਬਣਾਵਟੀ ਕੰਮ ਕਰਨ ਵਾਲਿਆਂ ਵਿੱਚੋਂ ਹਾਂ।

إِنْ هُوَ إِلَّا ذِكْرٌ لِّلْعَالَمِينَ (87)

87 ਇਹ (ਕੁਰਆਨ) ਤਾਂ ਸਾਰੇ ਜਹਾਨਾਂ ਲਈ ਇਕ ਨਸੀਹਤ ਹੈ।

وَلَتَعْلَمُنَّ نَبَأَهُ بَعْدَ حِينٍ (88)

88. ਅਤੇ ਤੁਸੀਂ ਇਸ ਦੀ ਸੱਚਾਈ ਨੂੰ ਕੁੱਝ ਦੇਰ ਮਗਰੋਂ (ਭਾਵ ਕਿਆਮਤ ਵੇਲੇ ਜ਼ਰੂਰ ਹੀ) ਜਾਣ ਲਵੋਗੇ।

39. ਸੂਰਤ ਅਜ਼-ਜ਼ੁਮਰ (ਮੱਕੀ-59)

(ਆਇਤਾਂ 75, ਰੁਕੂਅ 8)

سُوْرَةُ الزُّمَرِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਇਹ ਕਿਤਾਬ (ਕੁਰਆਨ) ਉਸ ਅੱਲਾਹ ਵੱਲੋਂ (ਹੱਕ ਸੱਚ ਨਾਲ) ਉਤਾਰੀ ਗਈ ਹੈ ਜਿਹੜਾ ਜ਼ੋਰਾਵਰ ਅਤੇ ਹਿਕਮਤ (ਦਾਨਾਈ) ਵਾਲਾ ਹੈ।

تَنْزِيْلُ الْكِتٰبِ مِنَ اللّٰهِ الْعَزِيْزِ الْحَكِيْمِ ①

2. ਬੇਸ਼ੱਕ ਅਸੀਂ ਇਸ ਕਿਤਾਬ (ਕੁਰਆਨ) ਨੂੰ ਤੁਹਾਡੇ ਵੱਲ (ਹੇ ਮੁਹੰਮਦ ਸ:) ਹੱਕ ਨਾਲ ਨਾਜ਼ਿਲ ਕੀਤੀ ਹੈ। ਸੋ ਤੁਸੀਂ ਅੱਲਾਹ ਲਈ ਆਪਣੀ ਬੰਦਗੀ ਨੂੰ ਨਿਰੋਲ ਕਰਦੇ ਹੋਏ ਉਸੇ ਦੀ ਹੀ ਇਬਾਦਤ ਕਰੋ।

اِنَّآ اَنْزَلْنَآ اِلَيْكَ الْكِتٰبَ بِالْحَقِّ فَاعْبُدِ اللّٰهَ
مُخْلِصًا لَّهُ الدِّيْنَ ②

3. ਹੁਸ਼ਿਆਰ ਰਹੋ। ਬੰਦਗੀ ਨਿਰੋਲ ਅੱਲਾਹ ਲਈ ਹੀ ਹੈ ਅਤੇ ਜਿਨ੍ਹਾਂ ਲੋਕਾਂ ਨੇ ਉਸ (ਅੱਲਾਹ) ਤੋਂ ਛੁੱਟ ਹੋਰਾਂ ਨੂੰ ਆਪਣਾ ਸਰਪਰਸਤ ਬਣਾ ਰੱਖਿਆ ਹੈ, (ਉਹ ਆਖਦੇ ਹਨ) ਕਿ ਅਸੀਂ ਤਾਂ ਉਹਨਾਂ ਦੀ ਇਬਾਦਤ ਇਸ ਲਈ ਕਰਦੇ ਹਾਂ ਕਿ ਉਹ ਸਾਨੂੰ ਅੱਲਾਹ ਦੇ ਵੱਧ ਨੇੜੇ ਕਰ ਦੇਣਗੇ। ਅੱਲਾਹ ਜ਼ਰੂਰ ਹੀ ਉਹਨਾਂ ਵਿਚਾਲੇ ਉਹਨਾਂ ਸਾਰੀਆਂ ਗੱਲਾਂ ਦਾ ਨਿਬੇੜਾ ਕਰ ਦੇਵੇਗਾ ਜਿਨ੍ਹਾਂ ਵਿਚ ਉਹ ਮੱਤਭੇਦ ਕਰਦੇ ਹਨ। ਬੇਸ਼ੱਕ ਅੱਲਾਹ ਝੂਠਿਆਂ ਅਤੇ ਨਾ-ਸ਼ੁਕਰਿਆਂ ਨੂੰ ਸਿੱਧੀ ਰਾਹ ਨਹੀਂ ਵਿਖਾਉਂਦਾ।

اَلَا لِلّٰهِ الدِّيْنُ الْخَالِصُ ۭ وَالَّذِيْنَ اتَّخَذُوْا مِنْ دُوْنِهٖٓ
اَوْلِيَاۗءَ ۘ مَا نَعْبُدُهُمْ اِلَّا لِيُقَرِّبُوْنَآ اِلَى اللّٰهِ زُلْفٰى ۭ
اِنَّ اللّٰهَ يَحْكُمُ بَيْنَهُمْ فِيْ مَا هُمْ فِيْهِ يَخْتَلِفُوْنَ ڛ
اِنَّ اللّٰهَ لَا يَهْدِيْ مَنْ هُوَ كٰذِبٌ كَفَّارٌ ③

4. ਜੇਕਰ ਅੱਲਾਹ ਦੀ ਇੱਛਾ (ਆਪਣੇ ਲਈ) ਪੁੱਤਰ ਧਾਰਨ ਦੀ ਹੁੰਦੀ ਤਾਂ ਆਪਣੀ ਰਚਾਈ ਰਚਨਾ ਵਿੱਚੋਂ ਜਿਸ ਨੂੰ ਚਾਹੁੰਦਾ ਚੁਣ ਲੈਂਦਾ, ਜਦ ਕਿ ਅੱਲਾਹ ਤਾਂ ਇਹਨਾਂ ਗੱਲਾਂ ਤੋਂ ਪਾਕ ਹੈ ਉਹ ਅੱਲਾਹ ਇੱਕੋ-ਇੱਕ ਹੈ ਅਤੇ ਜ਼ਬਰਦਸਤ ਸ਼ਕਤੀਸ਼ਾਲੀ ਹੈ

لَوْ اَرَادَ اللّٰهُ اَنْ يَّتَّخِذَ وَلَدًا لَّاصْطَفٰى مِمَّا يَخْلُقُ
مَا يَشَاۗءُ ۙ سُبْحٰنَهٗ ۭ هُوَ اللّٰهُ الْوَاحِدُ الْقَهَّارُ ④

---

1 ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 116/2

5. ਉਸ ਨੇ ਅਕਾਸ਼ਾਂ ਤੇ ਧਰਤੀ ਨੂੰ ਹੱਕ ਨਾਲ ਸਾਜਿਆ। ਉਹ ਰਾਤ ਨੂੰ ਦਿਨ ਵਿਚ ਅਤੇ ਦਿਨ ਨੂੰ ਰਾਤ ਵਿਚ ਵਲ੍ਹੇਟਦਾ ਹੈ। ਉਸੇ ਨੇ ਸੂਰਜ ਅਤੇ ਚੰਨ ਨੂੰ ਕੰਮ ਲਾ ਰੱਖਿਆ ਹੈ, ਹਰੇਕ ਇਕ ਨਿਸ਼ਚਿਤ ਸਮੇਂ ਤੀਕ ਚੱਲ ਰਿਹਾ ਹੈ। ਸੁਣ ਲਵੋ, ਕਿ ਉਹ ਜ਼ੋਰਾਵਰ ਤੇ ਬਖ਼ਸ਼ਣਹਾਰ ਹੈ।

خَلَقَ السَّمٰوٰتِ وَالْاَرْضَ بِالْحَقِّ ۚ يُكَوِّرُ الَّيْلَ عَلَى النَّهَارِ وَيُكَوِّرُ النَّهَارَ عَلَى الَّيْلِ وَسَخَّرَ الشَّمْسَ وَالْقَمَرَ ۗ كُلٌّ يَّجْرِيْ لِاَجَلٍ مُّسَمًّى ۗ اَلَا هُوَ الْعَزِيْزُ الْغَفَّارُ ۝

6. ਉਸੇ (ਅੱਲਾਹ) ਨੇ ਤੁਹਾਨੂੰ ਸਭ ਨੂੰ ਇਕ ਹੀ ਜਾਨ (ਭਾਵ ਆਦਮ) ਤੋਂ ਪੈਦਾ ਕੀਤਾ ਹੈ, ਫੇਰ ਉਸ ਨੇ ਉਸੇ ਤੋਂ ਉਸ ਦਾ ਜੋੜਾ (ਪਤਨੀ ਹੱਵਾ ਨੂੰ) ਬਣਾਇਆ ਅਤੇ ਉਸੇ ਨੇ ਤੁਹਾਡੇ ਲਈ ਅੱਠ ਪ੍ਰਕਾਰ ਦੇ ਮਵੇਸ਼ੀ (ਨਰ ਤੇ ਮਦੀਨ) ਉਤਾਰੇ। ਉਹ ਤੁਹਾਨੂੰ ਤੁਹਾਡੀਆਂ ਮਾਵਾਂ ਦੇ ਢਿੱਡਾਂ ਵਿਚ ਹੀ ਇਕ ਬਣਤਰ ਤੋਂ ਮਗਰੋਂ ਦੂਜੀ ਬਣਤਰ ਵਿਚ ਪੈਦਾ ਕਰਦਾ ਹੈ ਜੋ ਕਿ ਤਿੰਨ ਤਹਾਂ ਦੇ ਹਨੇਰੇ ਪਰਦਿਆਂ (ਭਾਵ ਗਰਭ) ਦੇ ਅੰਦਰ ਹੈ, ਇਹ ਹੈ ਅੱਲਾਹ, ਜਿਹੜਾ ਤੁਹਾਡਾ ਰੱਬ ਹੈ, ਪਾਤਸ਼ਾਹੀ ਉਸੇ ਦੀ ਹੈ, ਉਸ ਤੋਂ ਛੁੱਟ ਹੋਰ ਕੋਈ ਇਸ਼ਟ ਨਹੀਂ, ਫੇਰ ਤੁਸੀਂ ਕਿਥੇ ਭਟਕੇ ਫਿਰਦੇ ਹੋ? ਤੁਸੀਂ ਕਿਧਰੋਂ ਫੇਰੇ ਜਾ ਰਹੇ ਹਨ?

خَلَقَكُمْ مِّنْ نَّفْسٍ وَّاحِدَةٍ ثُمَّ جَعَلَ مِنْهَا زَوْجَهَا وَاَنْزَلَ لَكُمْ مِّنَ الْاَنْعَامِ ثَمٰنِيَةَ اَزْوَاجٍ ۗ يَخْلُقُكُمْ فِيْ بُطُوْنِ اُمَّهٰتِكُمْ خَلْقًا مِّنْ بَعْدِ خَلْقٍ فِيْ ظُلُمٰتٍ ثَلٰثٍ ۗ ذٰلِكُمُ اللّٰهُ رَبُّكُمْ لَهُ الْمُلْكُ ۗ لَاۤ اِلٰهَ اِلَّا هُوَ ۚ فَاَنّٰى تُصْرَفُوْنَ ۝

7. ਜੇ ਤੁਸੀਂ ਕੁਫ਼ਰ (ਭਾਵ ਨਾ-ਸ਼ੁਕਰੀ) ਕਰੋਗੇ ਤਾਂ ਇਹ ਵੀ ਯਾਦ ਰੱਖੋ ਕਿ ਅੱਲਾਹ ਵੀ ਤੁਹਾਥੋਂ ਬੇਪਰਵਾਹ ਹੈ, ਪਰ ਉਹ ਆਪਣੇ ਬੰਦਿਆਂ ਲਈ ਨਾ-ਸ਼ੁਕਰੀ (ਕੁਫ਼ਰ) ਕਰਨ ਨੂੰ ਪਸੰਦ ਨਹੀਂ ਕਰਦਾ। ਜੇ ਤੁਸੀਂ ਸ਼ੁਕਰ ਅਦਾ ਕਰੋਗੇ ਤਾਂ ਉਹ ਉਸ ਨੂੰ ਤੁਹਾਡੇ ਲਈ ਪਸੰਦ ਕਰਦਾ ਹੈ। ਅਤੇ (ਕਿਆਮਤ ਦਿਹਾੜੇ) ਕੋਈ ਭਾਰ ਚੁੱਕਣ ਵਾਲਾ ਕਿਸੇ ਦੂਜੇ ਦਾ ਭਾਰ ਨਹੀਂ ਚੁੱਕੇਗਾ। ਜਾਣਾ ਤੁਸੀਂ ਸਾਰਿਆਂ ਨੇ ਰੱਬ ਵੱਲ ਹੀ ਹੈ, ਫੇਰ ਉਹ ਤੁਹਾਨੂੰ ਦੱਸ ਦੇਵੇਗਾ ਕਿ ਤੁਸੀਂ (ਸੰਸਾਰ ਵਿਚ) ਕੀ ਕਰਦੇ ਰਹੇ ਹੋ? ਉਹ ਤਾਂ ਦਿਲਾਂ ਦਾ ਹਾਲ ਤਕ ਜਾਣਦਾ ਹੈ।

اِنْ تَكْفُرُوْا فَاِنَّ اللّٰهَ غَنِيٌّ عَنْكُمْ ۟ وَلَا يَرْضٰى لِعِبَادِهِ الْكُفْرَ ۚ وَاِنْ تَشْكُرُوْا يَرْضَهُ لَكُمْ ۗ وَلَا تَزِرُ وَازِرَةٌ وِّزْرَ اُخْرٰى ۗ ثُمَّ اِلٰى رَبِّكُمْ مَّرْجِعُكُمْ فَيُنَبِّئُكُمْ بِمَا كُنْتُمْ تَعْمَلُوْنَ ۗ اِنَّهٗ عَلِيْمٌۢ بِذَاتِ الصُّدُوْرِ ۝

8. ਜਦੋਂ ਮਨੁੱਖ ਨੂੰ ਕੋਈ ਕਸ਼ਟ ਪਹੁੰਚਦਾ ਹੈ ਤਾਂ ਉਹ ਆਪਣੇ ਰੱਬ ਨੂੰ (ਮਦਦ ਲਈ) ਪੁਕਾਰਦਾ ਹੈ। ਫੇਰ ਜਦੋਂ ਉਹ ਉਸ ਨੂੰ ਆਪਣੇ ਵੱਲੋਂ ਕੋਈ ਨਿਆਮਤ ਬਖ਼ਸ਼ਦਾ ਹੈ (ਜਾਂ ਪਰੇਸ਼ਾਨੀ ਨੂੰ ਦੂਰ ਕਰ ਦਿੰਦਾ ਹੈ) ਤਾਂ ਉਹ ਉਹਨਾਂ ਦੁਆਵਾਂ ਨੂੰ ਭੁੱਲ ਜਾਂਦਾ ਹੈ ਜਿਹੜੀਆਂ ਉਹ ਪਹਿਲਾਂ ਕਰਿਆ ਕਰਦਾ ਸੀ, ਸਗੋਂ ਅੱਲਾਹ ਦੇ ਸ਼ਰੀਕ ਬਣਾਉਣ ਲੱਗ ਜਾਂਦਾ ਹੈ ਤਾਂ ਜੋ ਹੋਰਾਂ ਨੂੰ ਵੀ ਉਸ ਦੇ ਰਾਹੋਂ (ਲੋਕਾਂ ਨੂੰ) ਦੂਰ ਕਰੇ। (ਹੇ ਨਬੀ!) ਤੁਸੀਂ ਉਸ ਨੂੰ ਆਖ ਦਿਓ ਕਿ ਤੂੰ ਆਪਣੇ ਇਸ ਕੁਫ਼ਰ (ਨਾ-ਸ਼ੁਕਰੀ) ਦਾ ਕੁੱਝ ਦੇਰ ਲਈ (ਸੰਸਾਰਿਕ) ਲਾਭ ਉਠਾ ਲੈ। ਨਿਰਸੰਦੇਹ, ਤੂੰ ਨਰਕੀਆਂ ਵਿੱਚੋਂ ਹੈਂ।

وَإِذَا مَسَّ الْإِنسَانَ ضُرٌّ دَعَا رَبَّهُ مُنِيبًا
إِلَيْهِ ثُمَّ إِذَا خَوَّلَهُ نِعْمَةً مِّنْهُ نَسِيَ مَا كَانَ
يَدْعُو إِلَيْهِ مِن قَبْلُ وَجَعَلَ لِلَّهِ أَندَادًا لِّيُضِلَّ
عَن سَبِيلِهِ ۚ قُلْ تَمَتَّعْ بِكُفْرِكَ قَلِيلًا ۖ إِنَّكَ
مِنْ أَصْحَابِ النَّارِ ﴿٨﴾

9. ਕੀ (ਮੁਸ਼ਰਿਕ ਵਧੀਆ ਹੈ ਜਾਂ) ਉਹ ਵਿਅਕਤੀ ਜਿਹੜਾ ਰਾਤ ਦੀਆਂ ਘੜੀਆਂ ਵਿਚ ਸਿਜਦਾ ਕਰਦਾ ਹੋਵੇ ਅਤੇ ਖੜਾ-ਖੜਾ (ਅੱਲਾਹ ਦੀ) ਇਬਾਦਤ ਕਰਦਾ ਹੈ, ਜਦ ਕਿ ਉਹ ਪਰਲੋਕ ਤੋਂ ਡਰਦਾ ਹੈ ਅਤੇ ਆਪਣੇ ਰੱਬ ਦੀ ਰਹਿਮਤ ਦੀ ਆਸ ਵੀ ਰੱਖਦਾ ਹੈ? (ਹੇ ਨਬੀ!) ਇਹਨਾਂ ਤੋਂ ਪੁੱਛੋ, ਕੀ ਗਿਆਨੀ ਅਤੇ ਅਗਿਆਨੀ ਇੱਕੋ ਬਰਾਬਰ ਹੋ ਸਕਦੇ ਹਨ? ਬੇਸ਼ੱਕ ਅਕਲ ਵਾਲੇ ਹੀ ਨਸੀਹਤ ਗ੍ਰਹਿਣ ਕਰਦੇ ਹਨ।

أَمَّنْ هُوَ قَانِتٌ آنَاءَ اللَّيْلِ سَاجِدًا وَقَائِمًا
يَحْذَرُ الْآخِرَةَ وَيَرْجُو رَحْمَةَ رَبِّهِ ۗ قُلْ هَلْ
يَسْتَوِي الَّذِينَ يَعْلَمُونَ وَالَّذِينَ لَا يَعْلَمُونَ ۗ
إِنَّمَا يَتَذَكَّرُ أُولُو الْأَلْبَابِ ﴿٩﴾

10. ਆਖ ਦਿਓ ਕਿ ਹੇ ਮੇਰੇ ਈਮਾਨ ਲਿਆਉਣ ਵਾਲੇ ਬੰਦਿਓ! ਆਪਣੇ ਰੱਬ ਤੋਂ ਡਰੋ। ਜਿਨ੍ਹਾਂ ਨੇ ਇਸ ਸੰਸਾਰ ਵਿਚ ਭਲੇ ਕੰਮ ਕੀਤੇ ਉਹਨਾਂ ਲਈ ਭਲਾਈ ਹੈ ਅਤੇ (ਭਲੇ ਕੰਮ ਕਰਨ ਲਈ) ਅੱਲਾਹ ਦੀ ਧਰਤੀ ਵਿਸ਼ਾਲ ਹੈ। ਸਬਰ ਕਰਨ ਵਾਲਿਆਂ ਨੂੰ ਉਹਨਾਂ ਦਾ ਬਦਲਾ ਬਿਨਾਂ ਹਿਸਾਬ ਦਿੱਤਾ ਜਾਵੇਗਾ।

قُلْ يَا عِبَادِ الَّذِينَ آمَنُوا اتَّقُوا رَبَّكُمْ ۚ لِلَّذِينَ
أَحْسَنُوا فِي هَٰذِهِ الدُّنْيَا حَسَنَةٌ ۗ وَأَرْضُ اللَّهِ
وَاسِعَةٌ ۗ إِنَّمَا يُوَفَّى الصَّابِرُونَ أَجْرَهُم
بِغَيْرِ حِسَابٍ ﴿١٠﴾

11. (ਹੇ ਨਬੀ!) ਆਖੋ ਕਿ ਮੈਨੂੰ (ਰੱਬ ਵੱਲੋਂ) ਹੁਕਮ ਹੋਇਆ ਹੈ ਕਿ ਮੈਂ ਅੱਲਾਹ ਲਈ ਬੰਦਗੀ ਨੂੰ ਨਿਰੋਲ ਕਰਦੇ ਹੋਏ ਉਸੇ ਦੀ ਇਬਾਦਤ ਕਰਾਂ।

قُلْ إِنِّي أُمِرْتُ أَنْ أَعْبُدَ اللَّهَ مُخْلِصًا
لَّهُ الدِّينَ ﴿١١﴾

12. ਅਤੇ ਮੈਨੂੰ ਹੁਕਮ ਦਿੱਤਾ ਗਿਆ ਹੈ ਕਿ ਮੈਂ ਪਹਿਲਾ ਮੁਸਲਮਾਨ (ਆਗਿਆਕਾਰੀ) ਬਣ ਜਾਵਾਂ।

وَأُمِرْتُ لِأَنْ أَكُونَ أَوَّلَ الْمُسْلِمِينَ ﴿١٢﴾

13. ਆਖ ਦਿਓ ਕਿ ਜੇ ਮੈਂ ਆਪਣੇ ਰੱਬ ਦੀ ਨਾ-ਫ਼ਰਮਾਨੀ ਕਰਾਂ ਤਾਂ ਬੇਸ਼ੱਕ ਮੈਨੂੰ ਵੱਡੇ ਦਿਨ ਭਾਵ ਕਿਆਮਤ ਦੇ ਅਜ਼ਾਬ ਤੋਂ ਡਰ ਲੱਗਦਾ ਹੈ।

قُلْ إِنِّي أَخَافُ إِنْ عَصَيْتُ رَبِّي عَذَابَ يَوْمٍ عَظِيمٍ ﴿١٣﴾

14. ਆਖ ਦਿਓ ਕਿ ਮੈਂ ਅੱਲਾਹ ਲਈ ਆਪਣੀ ਬੰਦਗੀ ਨੂੰ ਖ਼ਾਲਸ ਕਰਦੇ ਹੋਏ ਉਸੇ ਦੀ ਇਬਾਦਤ ਕਰਦਾ ਹਾਂ।

قُلِ اللَّهَ أَعْبُدُ مُخْلِصًا لَهُ دِينِي ﴿١٤﴾

15. (ਹੇ ਮੁਸ਼ਰਿਕੋ ਤੁਹਾਨੂੰ ਛੁੱਟ ਹੈ) ਤੁਸੀਂ ਉਸ (ਅੱਲਾਹ) ਨੂੰ ਛੱਡ ਕੇ ਜਿਸ ਦੀ ਚਾਹੋ ਇਬਾਦਤ ਕਰੋ। (ਹੇ ਨਬੀ!) ਆਖ ਦਿਓ, ਬੇਸ਼ੱਕ ਅਸਲੀ ਘਾਟੇ ਵਿਚ ਤਾਂ ਉਹ ਲੋਕ ਹਨ ਜਿਨ੍ਹਾਂ ਨੇ ਆਪਣੇ ਆਪ ਨੂੰ ਅਤੇ ਆਪਣੇ ਪਰਿਵਾਰਾਂ ਨੂੰ ਕਿਆਮਤ ਵਾਲੇ ਦਿਨ ਘਾਟੇ ਵਿਚ ਰੱਖਿਆ। ਯਾਦ ਰੱਖੋ ਕਿ ਇਹੋ ਅਸਲੀ ਘਾਟਾ ਹੈ।

فَاعْبُدُوا مَا شِئْتُمْ مِنْ دُونِهِ ۗ قُلْ إِنَّ الْخَاسِرِينَ الَّذِينَ خَسِرُوا أَنْفُسَهُمْ وَأَهْلِيهِمْ يَوْمَ الْقِيَامَةِ ۗ أَلَا ذَٰلِكَ هُوَ الْخُسْرَانُ الْمُبِينُ ﴿١٥﴾

16. ਉਹਨਾਂ (ਘਾਟੇ ਵਾਲਿਆਂ) ਲਈ ਉਹਨਾਂ ਦੇ ਉੱਤੇ ਵੀ ਅੱਗ ਦੀਆਂ ਛਤਰੀਆਂ ਹੋਣਗੀਆਂ ਅਤੇ ਉਹਨਾਂ ਦੇ ਹੇਠ ਵੀ ਅੱਗ ਦੀਆਂ ਛਤਰੀਆਂ ਹੋਣਗੀਆਂ। ਇਹੋ ਉਹ (ਅਜ਼ਾਬ) ਹੈ ਜਿਸ ਤੋਂ ਅੱਲਾਹ ਆਪਣੇ ਬੰਦਿਆਂ ਨੂੰ ਡਰਾ ਰਿਹਾ ਹੈ (ਅਤੇ ਆਖਦਾ ਹੈ ਕਿ) ਹੇ ਮੇਰੇ ਬੰਦਿਓ! ਬਸ ਤੁਸੀਂ ਮੈਥੋਂ ਹੀ ਡਰਦੇ ਰਹੋ।

لَهُمْ مِنْ فَوْقِهِمْ ظُلَلٌ مِنَ النَّارِ وَمِنْ تَحْتِهِمْ ظُلَلٌ ۚ ذَٰلِكَ يُخَوِّفُ اللَّهُ بِهِ عِبَادَهُ ۚ يَا عِبَادِ فَاتَّقُونِ ﴿١٦﴾

17. ਜਿਹੜੇ ਲੋਕ ਤਾਗ਼ੂਤ[1] ਦੀ ਪੈਰਵੀ ਕਰਨ ਤੋਂ ਬਚੇ ਰਹੇ ਅਤੇ ਉਹਨਾਂ ਨੇ ਅੱਲਾਹ ਦੇ ਹੁਕਮਾਂ ਵੱਲ ਹੀ ਧਿਆਨ ਦਿੱਤਾ, ਉਹਨਾਂ ਲੋਕਾਂ ਲਈ ਖ਼ੁਸ਼ਖ਼ਬਰੀਆਂ ਹਨ। ਸੋ (ਹੇ ਨਬੀ!) ਤੁਸੀਂ ਮੇਰੇ ਨੇਕ ਬੰਦਿਆਂ ਨੂੰ (ਜੰਨਤ ਦੀ) ਖ਼ੁਸ਼ਖ਼ਬਰੀ ਸੁਣਾ ਦਿਓ।

وَالَّذِينَ اجْتَنَبُوا الطَّاغُوتَ أَنْ يَعْبُدُوهَا وَأَنَابُوا إِلَى اللَّهِ لَهُمُ الْبُشْرَىٰ ۚ فَبَشِّرْ عِبَادِ ﴿١٧﴾

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 257/2

18. ਜਿਹੜੇ ਲੋਕ ਧਿਆਨ ਨਾਲ ਗੱਲ ਸੁਣਦੇ ਹਨ ਫੇਰ ਉਹ ਵਧੀਆ (ਨੇਕ) ਗੱਲ ਦੀ ਪਾਲਣਾ ਕਰਦੇ ਹਨ, ਅੱਲਾਹ ਵੱਲੋਂ ਉਹਨਾਂ ਨੂੰ ਹੀ ਹਿਦਾਇਤ ਮਿਲਦੀ ਹੈ ਅਤੇ ਇਹੋ ਲੋਕ ਅਕਲ ਵਾਲੇ ਹਨ।

الَّذِينَ يَسْتَمِعُونَ الْقَوْلَ فَيَتَّبِعُونَ أَحْسَنَهُ ۚ
أُولَٰئِكَ الَّذِينَ هَدَاهُمُ اللَّهُ ۖ وَأُولَٰئِكَ هُمْ
أُولُو الْأَلْبَابِ ١٨

19 (ਹੇ ਨਬੀ!) ਭਲਾ ਜਿਸ ਵਿਅਕਤੀ 'ਤੇ ਅਜ਼ਾਬ ਦਾ ਫ਼ੈਸਲਾ ਹੋ ਚੁੱਕਿਆ ਹੋਵੇ ਤਾਂ ਕੀ ਤੁਸੀਂ ਉਸ ਨੂੰ ਅੱਗ (ਨਰਕ) ਤੋਂ ਛੁੜਾ ਲਓਂਗੇ?

أَفَمَنْ حَقَّ عَلَيْهِ كَلِمَةُ الْعَذَابِ أَفَأَنْتَ تُنْقِذُ
مَنْ فِي النَّارِ ١٩

20 ਪਰ ਉਹ ਲੋਕ ਜਿਹੜੇ ਆਪਣੇ ਰੱਬ ਤੋਂ ਡਰ ਗਏ ਉਹਨਾਂ ਲਈ (ਜੰਨਤ ਵਿਚ) 'ਚੌਬਾਰੇ ਹਨ ਉਹਨਾਂ ਦੇ ਉੱਪਰ ਹੋਰ ਵੀ 'ਚੌਬਾਰੇ ਬਣੇ ਹੋਏ ਹਨ ਜਦ ਕਿ ਉਹਨਾਂ ਦੇ ਹੇਠ ਨਹਿਰਾਂ ਵਗ ਰਹੀਆਂ ਹਨ। (ਨੇਕ ਲੋਕਾਂ ਨਾਲ) ਇਹ ਅੱਲਾਹ ਦਾ ਵਚਨ ਹੈ ਅਤੇ ਅੱਲਾਹ ਕਦੇ ਵੀ ਆਪਣੇ ਵਚਨਾਂ ਤੋਂ ਫਿਰਦਾ ਨਹੀਂ।

لَٰكِنِ الَّذِينَ اتَّقَوْا رَبَّهُمْ لَهُمْ غُرَفٌ مِنْ فَوْقِهَا
غُرَفٌ مَبْنِيَّةٌ تَجْرِي مِنْ تَحْتِهَا الْأَنْهَارُ ۖ
وَعْدَ اللَّهِ ۖ لَا يُخْلِفُ اللَّهُ الْمِيعَادَ ٢٠

21 ਕੀ ਤੁਸੀਂ ਨਹੀਂ ਵੇਖਿਆ ਕਿ ਬੇਸ਼ੱਕ ਅੱਲਾਹ ਨੇ ਅਕਾਸ਼ ਤੋਂ ਪਾਣੀ ਉਤਾਰਿਆ ਫੇਰ ਉਸ ਨੂੰ ਧਰਤੀ ਦੇ ਚਸ਼ਮਿਆਂ ਵਿਚ ਦਾਖ਼ਲ ਕੀਤਾ ਫੇਰ ਉਹ ਉਸ (ਪਾਣੀ ਰਾਹੀਂ) ਖੇਤੀਆਂ (ਫ਼ਸਲਾਂ) ਕੱਢਦਾ ਹੈ ਜਦ ਕਿ ਉਹਨਾਂ ਫ਼ਸਲਾਂ ਦੇ ਅਨੇਕਾਂ ਹੀ ਰੰਗ ਹੁੰਦੇ ਹਨ, ਫੇਰ ਉਹ ਫ਼ਸਲ ਪੱਕ ਕੇ ਸੁੱਕ ਜਾਂਦੀ ਹੈ ਫੇਰ ਤੁਸੀਂ ਉਸ ਨੂੰ ਪੀਲੀਆਂ ਪੈਂਦੀਆਂ ਵੇਖਦੇ ਹੋ, ਫੇਰ ਉਹ ਉਸ ਨੂੰ ਚੂਰਾ-ਚੂਰਾ (ਭਾਵ ਤੂੜੀ) ਕਰ ਦਿੰਦਾ ਹੈ। ਬੇਸ਼ੱਕ ਇਸ ਵਿਚ ਅਕਲਮੰਦਾ ਲਈ ਬਹੁਤ ਵੱਡੀ ਨਸੀਹਤ ਵਾਲੀ ਗੱਲ ਹੈ।

أَلَمْ تَرَ أَنَّ اللَّهَ أَنْزَلَ مِنَ السَّمَاءِ مَاءً فَسَلَكَهُ
يَنَابِيعَ فِي الْأَرْضِ ثُمَّ يُخْرِجُ بِهِ زَرْعًا مُخْتَلِفًا
أَلْوَانُهُ ثُمَّ يَهِيجُ فَتَرَاهُ مُصْفَرًّا ثُمَّ يَجْعَلُهُ
حُطَامًا ۚ إِنَّ فِي ذَٰلِكَ لَذِكْرَىٰ لِأُولِي الْأَلْبَابِ ٢١

22 ਕੀ ਉਹ ਵਿਅਕਤੀ (ਕਠੋਰ ਦਿਲ ਕਾਫ਼ਿਰਾਂ ਵਾਂਗ ਹੋ ਸਕਦਾ ਹੈ) ਜਿਸ ਦਾ ਸੀਨਾ ਅੱਲਾਹ ਨੇ ਇਸਲਾਮ (ਕਬੂਲਣ) ਲਈ ਖੋਲ ਦਿੱਤਾ ਹੈ ਅਤੇ ਉਹ ਆਪਣੇ ਰੱਬ ਵੱਲੋਂ ਨੂਰ 'ਤੇ ਹੈ? ਸੋ ਉਨ੍ਹਾਂ ਲਈ

أَفَمَنْ شَرَحَ اللَّهُ صَدْرَهُ لِلْإِسْلَامِ فَهُوَ عَلَىٰ نُورٍ مِنْ
رَبِّهِ ۚ فَوَيْلٌ لِلْقَاسِيَةِ قُلُوبُهُمْ مِنْ ذِكْرِ اللَّهِ ۚ
أُولَٰئِكَ فِي ضَلَالٍ مُبِينٍ ٢٢

ਬਰਬਾਦੀ ਹੈ, ਜਿਨ੍ਹਾਂ ਦੇ ਦਿਲ ਅੱਲਾਹ ਦੀ ਯਾਦ ਦੇ ਮਾਮਲੇ ਵਿਚ ਸਖ਼ਤ ਹਨ। (ਹਾਂ!) ਊਹੀਓ ਲੋਕ ਖੁੱਲਮ-ਖੁੱਲ੍ਹਾ ਰਾਹੋਂ ਭਟਕੇ ਹੋਏ ਹਨ।

اللَّهُ نَزَّلَ أَحْسَنَ الْحَدِيثِ كِتَابًا مُتَشَابِهًا مَثَانِيَ
تَقْشَعِرُّ مِنْهُ جُلُودُ الَّذِينَ يَخْشَوْنَ رَبَّهُمْ ثُمَّ
تَلِينُ جُلُودُهُمْ وَقُلُوبُهُمْ إِلَىٰ ذِكْرِ اللَّهِ ۚ ذَٰلِكَ
هُدَى اللَّهِ يَهْدِي بِهِ مَنْ يَشَاءُ ۚ وَمَنْ يُضْلِلِ
اللَّهُ فَمَا لَهُ مِنْ هَادٍ 23

23. ਅੱਲਾਹ ਨੇ ਸਭ ਤੋਂ ਉੱਤਮ ਕਲਾਮ (ਕ਼ੁਰਆਨ) ਉਤਾਰਿਆ ਹੈ ਜਿਹੜਾ ਅਜਿਹੀ ਕਿਤਾਬ ਵਿਚ ਹੈ, ਜਿਸ ਦੀਆਂ ਆਇਤਾਂ (ਅੰਸ਼) ਰਲਦੀਆਂ ਮਿਲਦੀਆਂ ਅਤੇ ਵਾਰ-ਵਾਰ ਦੁਹਰਾਈਆਂ ਜਾਣ ਵਾਲੀਆਂ ਹਨ। ਜਿਸ ਨੂੰ ਸੁਣ ਕੇ ਉਹਨਾਂ ਲੋਕਾਂ ਦੇ ਰੋਂਗਟੇ (ਲੂਆਂ-ਲੂਆਂ) ਖੜੇ ਹੋ ਜਾਂਦੇ ਹਨ, ਜਿਹੜੇ ਆਪਣੇ ਰੱਬ ਦਾ ਡਰ ਰੱਖਦੇ ਹਨ, ਉਹਨਾਂ ਦੇ ਸਰੀਰ ਤੇ ਦਿਲ ਨਰਮ ਹੋ ਕੇ ਅੱਲਾਹ ਦੀ ਯਾਦ ਵੱਲ ਝੁੱਕ ਜਾਂਦੇ ਹਨ। ਇਹੋ (ਕ਼ੁਰਆਨ) ਅੱਲਾਹ ਦੀ ਹਿਦਾਇਤ ਹੈ। ਉਹ ਜਿਸ ਨੂੰ ਚਾਹੁੰਦਾ ਹੈ, ਇਸ (ਕ਼ੁਰਆਨ) ਰਾਹੀਂ ਹਿਦਾਇਤ ਦਿੰਦਾ ਹੈ ਅਤੇ ਜਿਸ ਨੂੰ ਅੱਲਾਹ ਹੀ ਰਾਹੋਂ ਭਟਕਾ ਦੇਵੇ ਉਸ ਨੂੰ ਰਾਹ ਦੱਸਣ ਵਾਲਾ ਕੋਈ ਨਹੀਂ।

أَفَمَنْ يَتَّقِي بِوَجْهِهِ سُوءَ الْعَذَابِ يَوْمَ الْقِيَامَةِ ۚ
وَقِيلَ لِلظَّالِمِينَ ذُوقُوا مَا كُنْتُمْ تَكْسِبُونَ 24

24 ਕੀ ਉਹ ਵਿਅਕਤੀ (ਜੰਨਤੀ ਦੇ ਸਮਾਨ ਹੋ ਸਕਦਾ ਹੈ) ਜਿਹੜਾ ਕਿਆਮਤ ਦਿਹਾੜੇ ਆਪਣੇ ਚਿਹਰੇ ਰਾਹੀਂ (ਢਾਲ ਵਾਂਗ ਬਣਾ ਕੇ) ਅਜ਼ਾਬ ਤੋਂ ਬਚਣ ਦੇ ਜਤਨ ਕਰਦਾ ਹੈ? ਅਤੇ ਜ਼ਾਲਮਾਂ ਨੂੰ ਕਿਹਾ ਜਾਵੇਗਾ ਕਿ ਤੁਸੀਂ ਅੱਜ ਉਸ ਕਮਾਈ ਦਾ ਸੁਆਦ ਲਵੋ ਜੋ ਤੁਸੀਂ ਕਰਦੇ ਸੀ।

كَذَّبَ الَّذِينَ مِنْ قَبْلِهِمْ فَأَتَاهُمُ الْعَذَابُ مِنْ
حَيْثُ لَا يَشْعُرُونَ 25

25 ਜਿਹੜੇ ਲੋਕ ਉਹਨਾਂ ਤੋਂ ਪਹਿਲਾਂ ਸਨ ਉਹਨਾਂ ਨੇ ਵੀ (ਸੱਚੇ ਧਰਮ ਇਸਲਾਮ ਨੂੰ) ਝੁਠਲਾਇਆ ਸੀ ਫੇਰ ਉਹਨਾਂ 'ਤੇ ਉੱਥਿਓਂ ਅਜ਼ਾਬ ਆਇਆ ਜਿੱਥੋਂ ਉਹ ਸੋਚ ਵੀ ਨਹੀਂ ਸਕਦੇ ਸੀ।

فَأَذَاقَهُمُ اللَّهُ الْخِزْيَ فِي الْحَيَاةِ الدُّنْيَا ۖ
وَلَعَذَابُ الْآخِرَةِ أَكْبَرُ ۚ لَوْ كَانُوا يَعْلَمُونَ ٢٦

26 ਸੋ ਅੱਲਾਹ ਨੇ ਉਹਨਾਂ ਨੂੰ ਸੰਸਾਰਿਕ ਜੀਵਨ ਵਿਚ ਹੀ ਰੁਸਵਾਈ ਦਾ ਸੁਆਦ ਚੱਖਾ ਦਿੱਤਾ ਅਤੇ ਪਰਲੋਕ ਦਾ ਅਜ਼ਾਬ ਤਾਂ ਬਹੁਤ ਹੀ ਵੱਡਾ ਹੈ, ਕਾਸ਼ ਕਿ ਉਹ (ਇਨਕਾਰੀ) ਵੀ ਜਾਣਦੇ ਹੁੰਦੇ।

وَلَقَدْ ضَرَبْنَا لِلنَّاسِ فِي هَٰذَا الْقُرْآنِ مِن كُلِّ
مَثَلٍ لَّعَلَّهُمْ يَتَذَكَّرُونَ ٢٧

27 ਨਿਰਸੰਦੇਹ, ਅਸੀਂ ਇਸ ਕੁਰਆਨ ਵਿਚ ਹਰ ਪ੍ਰਕਾਰ ਦੀਆਂ ਉਦਾਹਰਣਾਂ ਬਿਆਨ ਕੀਤੀਆਂ ਹਨ ਤਾਂ ਜੋ ਉਹ ਸਿੱਖਿਆ ਗ੍ਰਹਿਣ ਕਰ ਲੈਣ।

قُرْآنًا عَرَبِيًّا غَيْرَ ذِي عِوَجٍ لَّعَلَّهُمْ يَتَّقُونَ ٢٨

28. ਕੁਰਆਨ ਅਰਬੀ ਭਾਸ਼ਾ ਵਿਚ ਹੈ, ਇਸ ਵਿਚ ਕੋਈ ਵਿੰਗ-ਵੱਲ ਨਹੀਂ, ਤਾਂ ਜੋ ਉਹ ਸੁਣ ਕੇ ਡਰ ਜਾਣ।

ضَرَبَ اللَّهُ مَثَلًا رَّجُلًا فِيهِ شُرَكَاءُ مُتَشَاكِسُونَ
وَرَجُلًا سَلَمًا لِّرَجُلٍ هَلْ يَسْتَوِيَانِ مَثَلًا ۚ
الْحَمْدُ لِلَّهِ ۚ بَلْ أَكْثَرُهُمْ لَا يَعْلَمُونَ ٢٩

29. ਅੱਲਾਹ ਇਕ ਵਿਅਕਤੀ (ਭਾਵ ਗ਼ੁਲਾਮ) ਦੀ ਉਦਾਹਰਨ ਦਿੰਦਾ ਹੈ ਜਿਸ ਦੇ ਕਈ ਮੱਤਭੇਦ ਰੱਖਣ ਵਾਲੇ ਮਾਲਿਕ ਹਨ ਅਤੇ ਦੂਜਾ ਵਿਅਕਤੀ ਉਹ ਹੈ ਜਿਹੜਾ ਕੇਵਲ ਇਕ ਦਾ ਹੀ ਗ਼ੁਲਾਮ ਹੈ। ਕੀ ਉਹਨਾਂ ਦੋਵਾਂ ਦੀ ਹਾਲਤ ਇਕ ਸਮਾਨ ਹੋ ਸਕਦੀ ਹੈ? (ਉੱਕਾ ਹੀ ਨਹੀਂ) ਸਾਰੀਆਂ ਤਾਰੀਫ਼ਾਂ ਅੱਲਾਹ ਲਈ ਹੀ ਹਨ ਪ੍ਰੰਤੂ ਉਹਨਾਂ ਵਿੱਚੋਂ ਬਹੁਤੇ ਲੋਕ ਇਹ ਗੱਲ ਨਹੀਂ ਜਾਣਦੇ।

إِنَّكَ مَيِّتٌ وَإِنَّهُم مَّيِّتُونَ ٣٠

30. (ਹੇ ਨਬੀ!) ਹਕੀਕਤ ਇਹ ਹੈ ਕਿ ਤੁਸੀਂ ਵੀ ਮਰਨਾ ਹੈ ਅਤੇ ਉਹ ਸਾਰੇ ਵੀ ਮਰਨ ਵਾਲੇ ਹਨ।

ثُمَّ إِنَّكُمْ يَوْمَ الْقِيَامَةِ عِندَ رَبِّكُمْ
تَخْتَصِمُونَ ٣١

31 ਫੇਰ ਤੁਸੀਂ ਸਾਰੇ ਕਿਆਮਤ ਦਿਹਾੜੇ ਆਪਣੇ ਰੱਬ ਦੇ ਹਜ਼ੂਰ ਝਗੜਾ ਕਰੋਗੇ।

فَمَنْ أَظْلَمُ مِمَّن كَذَبَ عَلَى اللَّهِ وَكَذَّبَ بِالصِّدْقِ
إِذْ جَاءَهُ ۚ أَلَيْسَ فِي جَهَنَّمَ مَثْوًى لِّلْكَافِرِينَ 32

32. ਫੇਰ ਉਸ ਵਿਅਕਤੀ ਤੋਂ ਵੱਡਾ ਜ਼ਾਲਿਮ ਕੌਣ ਹੋਵੇਗਾ ਜਿਹੜਾ ਅੱਲਾਹ 'ਤੇ ਝੂਠ ਜੜੇ, ਜਦੋਂ ਉਸ ਦੇ ਕੋਲ ਸੱਚਾਈ ਆ ਜਾਵੇ ਤਾਂ ਉਸ ਨੂੰ ਝੁਠਲਾਵੇ? (ਕੀ ਕਾਫ਼ਿਰਾਂ ਲਈ ਨਰਕ ਟਿਕਾਣਾ ਨਹੀਂ ਹੋਵੇਗਾ?)

وَالَّذِي جَاءَ بِالصِّدْقِ وَصَدَّقَ بِهِ ۙ أُولَٰئِكَ
هُمُ الْمُتَّقُونَ 33

33. ਜਿਹੜਾ ਵਿਅਕਤੀ ਸੱਚਾਈ (ਸੱਚਾ ਧਰਮ) ਲੈ ਕੇ ਆਇਆ ਤੇ ਜਿਨ੍ਹਾਂ ਨੇ ਉਸ ਦੀ ਪੁਸ਼ਟੀ ਕੀਤੀ, ਉਹੀ ਲੋਕ ਮੁੱਤਕੀ (ਬੁਰਾਈਆਂ ਤੋਂ ਬਚਣ ਵਾਲੇ) [redacted]

لَهُم مَّا يَشَاءُونَ عِندَ رَبِّهِمْ ۚ ذَٰلِكَ جَزَاءُ
الْمُحْسِنِينَ 34

34. ਉਹਨਾਂ ਲਈ ਉਹਨਾਂ ਦੇ ਰੱਬ ਕੋਲ ਉਹ ਸਭ ਕੁੱਝ ਹੈ, ਜੋ ਉਹ ਇੱਛਾ ਕਰਨਗੇ। ਨੇਕ ਲੋਕਾਂ ਲਈ ਇਹੋ ਬਦਲਾ ਹੈ।

لِيُكَفِّرَ اللَّهُ عَنْهُمْ أَسْوَأَ الَّذِي عَمِلُوا وَيَجْزِيَهُمْ أَجْرَهُم
بِأَحْسَنِ الَّذِي كَانُوا يَعْمَلُونَ 35

35. ਤਾਂ ਜੋ ਅੱਲਾਹ ਉਹਨਾਂ ਤੋਂ ਉਹ ਬੁਰਾਈਆਂ ਪਰ੍ਹਾਂ ਕਰ ਦੇਵੇ ਜਿਹੜੀਆਂ ਉਨ੍ਹਾਂ ਨੇ ਕੀਤੀਆਂ ਹਨ ਅਤੇ ਉਹਨਾਂ ਨੂੰ ਉਹਨਾਂ ਦੇ (ਕਰਮਾਂ ਅਨੁਸਾਰ ਚੰਗਾ) ਬਦਲਾ ਦੇਵੇ ਜੋ ਉਹ ਕਰਦੇ ਰਹਿੰਦੇ ਸੀ।[1]

أَلَيْسَ اللَّهُ بِكَافٍ عَبْدَهُ ۖ وَيُخَوِّفُونَكَ بِالَّذِينَ مِن
دُونِهِ ۚ وَمَن يُضْلِلِ اللَّهُ فَمَا لَهُ مِنْ هَادٍ 36

36. ਕੀ ਅੱਲਾਹ ਆਪਣੇ (ਨੇਕ) ਬੰਦਿਆਂ ਲਈ ਕਾਫ਼ੀ ਨਹੀਂ ਹੈ? ਇਹ ਲੋਕ (ਕਾਫ਼ਿਰ) ਤੁਹਾਨੂੰ (ਹੇ ਨਬੀ!) ਅੱਲਾਹ ਤੋਂ ਛੁੱਟ ਹੋਰਨਾਂ (ਇਸ਼ਟਾਂ ਤੋਂ) ਡਰਾ ਰਹੇ ਹਨ। ਜਦ ਕਿ ਜਿਸ ਨੂੰ ਅੱਲਾਹ ਰਾਹੋਂ ਭਟਕਾ ਦੇਵੇ ਉਸ ਨੂੰ ਸਿੱਧੀ ਰਾਹ ਦਰਸਾਉਣ ਵਾਲਾ ਵੀ ਕੋਈ ਨਹੀਂ।

وَمَن يَهْدِ اللَّهُ فَمَا لَهُ مِن مُّضِلٍّ ۗ أَلَيْسَ اللَّهُ
بِعَزِيزٍ ذِي انتِقَامٍ 37

37. ਅਤੇ ਜਿਸ ਨੂੰ ਅੱਲਾਹ ਹਿਦਾਇਤ ਦੇਵੇ ਉਸ ਨੂੰ ਕੋਈ ਵੀ ਰਾਹੋਂ ਨਹੀਂ ਭਟਕਾ ਸਕਦਾ ਕੀ ਅੱਲਾਹ ਸ਼ਕਤੀਸ਼ਾਲੀ ਤੇ (ਆਪਣੇ ਦੁਸ਼ਮਨਾਂ ਤੋਂ) ਬਦਲਾ ਲੈਣ ਵਾਲਾ ਨਹੀਂ?

---

[1] ਵੇਖੋ ਸੂਰਤ ਅਤ-ਤੌਬਾ, ਹਾਸ਼ੀਆ ਆਇਤ 121/9

38. (ਹੇ ਨਬੀ!) ਜੇ ਤੁਸੀਂ ਉਹਨਾਂ ਤੋਂ ਇਹ ਪੁੱਛੋ ਕਿ ਅਕਾਸ਼ ਤੇ ਧਰਤੀ ਨੂੰ ਕਿਸ ਨੇ ਰਚਾਇਆ ਹੈ? ਤਾਂ ਉਹ ਕਹਿਣਗੇ ਕਿ ਅੱਲਾਹ ਨੇ। (ਇਹ ਵੀ ਪੁੱਛੋ ਕਿ) ਜਿਹਨਾਂ ਨੂੰ ਤੁਸੀਂ ਅੱਲਾਹ ਨੂੰ ਛੱਡ ਕੇ (ਮਦਦ ਲਈ) ਪੁਕਾਰਦੇ ਹੋ, ਜ਼ਰਾ ਦੱਸੋ, ਉਹ ਕੀ ਕਰਦੇ ਹਨ? ਪੁੱਛੋ! ਜੇਕਰ ਅੱਲਾਹ ਮੈਨੂੰ ਕੋਈ ਤਕਲੀਫ਼ ਪਹੁੰਚਾਉਣਾ ਚਾਹੇ ਤਾਂ ਕੀ ਉਹ (ਤੁਹਾਡੇ ਝੂਠੇ ਇਸ਼ਟ) ਮੈਨੂੰ ਉਸ ਦੀ ਪਹੁੰਚਾਈ ਹੋਈ ਤਕਲੀਫ਼ ਤੋਂ ਦੂਰ ਕਰ ਸਕਦੇ ਹਨ? ਜਾਂ ਜੇਕਰ ਉਹ ਮੇਰੇ ਉੱਤੇ ਕੋਈ ਮਿਹਰ ਕਰਨਾ ਚਾਹੇ ਤਾਂ ਕੀ ਉਹ ਉਸ ਦੀ ਮਿਹਰ ਨੂੰ ਰੋਕ ਸਕਦੇ ਹਨ? (ਹੇ ਨਬੀ!) ਤੁਸੀਂ ਆਖ ਦਿਓ ਕਿ ਮੇਰੇ ਲਈ ਤਾਂ ਅੱਲਾਹ ਹੀ ਬਥੇਰਾ ਹੈ, ਭਰੋਸਾ ਕਰਨ ਵਾਲੇ ਤਾਂ ਉਸੇ (ਅੱਲਾਹ) 'ਤੇ ਹੀ ਭਰੋਸਾ ਕਰਦੇ ਹਨ।[1]

وَلَئِن سَأَلْتَهُم مَّنْ خَلَقَ السَّمَاوَاتِ وَالْأَرْضَ لَيَقُولُنَّ
اللَّهُ ۚ قُلْ أَفَرَأَيْتُم مَّا تَدْعُونَ مِن دُونِ اللَّهِ إِنْ
أَرَادَنِيَ اللَّهُ بِضُرٍّ هَلْ هُنَّ كَاشِفَاتُ ضُرِّهِ أَوْ أَرَادَنِي
بِرَحْمَةٍ هَلْ هُنَّ مُمْسِكَاتُ رَحْمَتِهِ ۚ قُلْ حَسْبِيَ اللَّهُ ۖ
عَلَيْهِ يَتَوَكَّلُ الْمُتَوَكِّلُونَ 38

39. (ਹੇ ਨਬੀ!) ਕਹੋ ਕਿ ਹੇ ਮੇਰੀ ਕੌਮ! ਤੁਸੀਂ ਆਪਣੀ ਥਾਂ 'ਤੇ ਤਾਂ ਸਮਝ ਅਨੁਸਾਰ ਕਰਮ ਕਰਦੇ ਰਹੋ, ਮੈਂ ਆਪਣਾ ਕੰਮ ਕਰਦਾ ਰਹਾਂਗਾ। ਛੇਤੀ ਹੀ ਤੁਸੀਂ (ਹਕੀਕਤ ਨੂੰ) ਜਾਣ ਲਵੋਗੇ (ਕਿ ਕੌਣ ਸੱਚਾ ਹੈ)।

قُلْ يَا قَوْمِ اعْمَلُوا عَلَىٰ مَكَانَتِكُمْ إِنِّي عَامِلٌ ۖ فَسَوْفَ
تَعْلَمُونَ 39

40. ਕਿ ਸੰਸਾਰ ਵਿਚ ਹੀਣਤਾ ਭਰਿਆ ਅਜ਼ਾਬ ਕਿਸ ਉੱਤੇ ਆਵੇਗਾ ਅਤੇ ਸਦਾ ਰਹਿਣ ਵਾਲਾ (ਪਰਲੋਕ ਦਾ) ਅਜ਼ਾਬ ਕਿਸ 'ਤੇ ਉੱਤਰਦਾ ਹੈ।

مَن يَأْتِيهِ عَذَابٌ يُخْزِيهِ وَيَحِلُّ عَلَيْهِ
عَذَابٌ مُّقِيمٌ 40

41. (ਹੇ ਨਬੀ!) ਬੇਸ਼ੱਕ ਅਸੀਂ ਤੁਹਾਡੇ 'ਤੇ ਸੱਚਾਈ 'ਤੇ ਆਧਾਰਿਤ ਇਹ ਕਿਤਾਬ (ਕੁਰਆਨ) ਸਾਰੇ ਲੋਕਾਂ (ਦੀ ਹਿਦਾਇਤ) ਲਈ ਨਾਜ਼ਿਲ ਫ਼ਰਮਾਈ ਹੈ। ਸੋ ਹੁਣ ਜਿਹੜਾ ਵੀ ਸਿੱਧੇ ਰਾਹ ਆ ਜਾਵੇਗਾ,

إِنَّا أَنزَلْنَا عَلَيْكَ الْكِتَابَ لِلنَّاسِ بِالْحَقِّ ۖ فَمَنِ اهْتَدَىٰ
فَلِنَفْسِهِ ۖ وَمَن ضَلَّ فَإِنَّمَا يَضِلُّ عَلَيْهَا ۖ وَمَا أَنتَ
عَلَيْهِم بِوَكِيلٍ 41

[1] ਵੇਖੋ ਸੂਰਤ ਯੂਸੁਫ਼, ਹਾਸ਼ੀਆ ਆਇਤ 67/12

ਆਪਣੇ ਹੀ ਭਲੇ ਲਈ ਆਪਣਾਏਗਾ ਅਤੇ ਜਿਹੜਾ ਰਾਹੋਂ ਭਟਕ ਜਾਵੇ, ਉਸ ਦੀ ਗੁਮਰਾਹੀ ਦਾ ਦੋਸ਼ ਉਸੇ ਲਈ ਹੈ, ਤੁਸੀਂ ਉਹਨਾਂ ਦੇ ਜ਼ਿਮੇਵਾਰ ਨਹੀਂ।[1]

42. ਅੱਲਾਹ ਹੀ ਮਰਨ ਸਮੇਂ ਪ੍ਰਾਣ ਕੱਢਦਾ ਹੈ ਅਤੇ ਜਿਨ੍ਹਾਂ ਨੂੰ ਹਾਲਾਂ ਮੌਤ ਨਹੀਂ, ਉਹਨਾਂ ਦੀ ਰੂਹ (ਜਾਨ) ਨੂੰ ਉਸ ਦੀ ਨੀਂਦਰ ਵੇਲੇ ਕੱਢਦਾ ਹੈ, ਫੇਰ ਉਹ ਉਸ (ਰੂਹ) ਨੂੰ ਰੋਕ ਲੈਂਦਾ ਹੈ ਜਿਸ ਲਈ ਉਸ ਨੇ ਮੌਤ ਦਾ ਫ਼ੈਸਲਾ ਕੀਤਾ ਹੁੰਦਾ ਹੈ ਅਤੇ ਦੂਜਿਆਂ (ਰੂਹਾਂ) ਨੂੰ ਇਕ ਨਿਯਤ ਸਮੇਂ ਲਈ ਵਾਪਸ ਭੇਜ ਦਿੰਦਾ ਹੈ। ਬੇਸ਼ੱਕ ਸੋਚ ਵਿਚਾਰ ਕਰਨ ਵਾਲਿਆਂ ਲਈ ਇਸ ਵਿਚ ਬਥੇਰੀਆਂ ਨਿਸ਼ਾਨੀਆਂ ਹਨ।

اللَّهُ يَتَوَفَّى الْأَنفُسَ حِينَ مَوْتِهَا وَالَّتِي لَمْ تَمُتْ فِي
مَنَامِهَا ۖ فَيُمْسِكُ الَّتِي قَضَىٰ عَلَيْهَا الْمَوْتَ وَيُرْسِلُ
الْأُخْرَىٰ إِلَىٰ أَجَلٍ مُّسَمًّى ۚ إِنَّ فِي ذَٰلِكَ لَآيَاتٍ لِّقَوْمٍ
يَتَفَكَّرُونَ ﴿٤٢﴾

43. ਕੀ ਉਹਨਾਂ (ਮੁਸ਼ਰਿਕਾਂ) ਨੇ ਅੱਲਾਹ ਤੋਂ ਛੁੱਟ ਹੋਰਾਂ ਨੂੰ ਸਿਫ਼ਾਰਸ਼ੀ ਬਣਾ ਰੱਖਿਆ ਹੈ? (ਹੇ ਨਬੀ!) ਤੁਸੀਂ ਕਹਿ ਦਿਓ ਕਿ ਭਾਵੇਂ ਉਹ (ਸਿਫ਼ਾਰਸ਼ੀ) ਕੁੱਝ ਵੀ ਅਧਿਕਾਰ ਨਹੀਂ ਰੱਖਦੇ ਅਤੇ ਨਾ ਹੀ ਉਹਨਾਂ ਨੂੰ (ਕਿਸੇ ਪ੍ਰਕਾਰ ਦੀ) ਅਕਲ ਸਮਝ ਹੈ। (ਕੀ ਫੇਰ ਵੀ ਉਹ ਸਿਫ਼ਾਰਸ਼ੀ ਹਨ?)

أَمِ اتَّخَذُوا مِن دُونِ اللَّهِ شُفَعَاءَ ۚ قُلْ أَوَلَوْ كَانُوا
لَا يَمْلِكُونَ شَيْئًا وَلَا يَعْقِلُونَ ﴿٤٣﴾

44 (ਹੇ ਨਬੀ!) ਤੁਸੀਂ ਆਖ ਦਿਓ ਕਿ ਸਾਰੀਆਂ ਸਿਫ਼ਾਰਸ਼ਾਂ ਉਸੇ (ਅੱਲਾਹ) ਦੇ ਅਧਿਕਾਰ ਵਿਚ ਹਨ। ਅਕਾਸ਼ਾਂ ਤੇ ਧਰਤੀ ਉੱਤੇ ਉਸੇ ਦਾ ਰਾਜ ਹੈ, ਤੁਸੀਂ ਸਾਰੇ (ਮਰਨ ਮਗਰੋਂ) ਉਸੇ ਵੱਲ ਪਰਤਾਏ ਜਾਓਗੇ।

قُل لِّلَّهِ الشَّفَاعَةُ جَمِيعًا ۖ لَّهُ مُلْكُ السَّمَاوَاتِ
وَالْأَرْضِ ۖ ثُمَّ إِلَيْهِ تُرْجَعُونَ ﴿٤٤﴾

45. ਜਦੋਂ ਇੱਕੋ ਇਕ ਅੱਲਾਹ ਦੀ ਚਰਚਾ ਕੀਤੀ ਜਾਂਦੀ ਹੈ ਤਾਂ ਉਹਨਾਂ ਦੇ ਦਿਲ ਸੜਨ ਲੱਗ ਜਾਂਦੇ ਹਨ ਜਿਹੜੇ ਪਰਲੋਕ 'ਤੇ ਵਿਸ਼ਵਾਸ ਨਹੀਂ ਰੱਖਦੇ, ਜਦੋਂ ਇਸ (ਅੱਲਾਹ) ਤੋਂ ਛੁੱਟ ਹੋਰਨਾਂ (ਇਸ਼ਟਾਂ)

وَإِذَا ذُكِرَ اللَّهُ وَحْدَهُ اشْمَأَزَّتْ قُلُوبُ الَّذِينَ
لَا يُؤْمِنُونَ بِالْآخِرَةِ ۖ وَإِذَا ذُكِرَ الَّذِينَ مِن
دُونِهِ إِذَا هُمْ يَسْتَبْشِرُونَ ﴿٤٥﴾

1 ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 20/3

ਦੀ ਚਰਚਾ ਕੀਤੀ ਜਾਂਦੀ ਹੈ ਤਾਂ ਉਹ ਬਹੁਤ ਖ਼ੁਸ਼ ਹੁੰਦੇ ਹਨ।[1]

46. (ਹੇ ਨਬੀ!) ਤੁਸੀਂ ਆਖੋ ਕਿ ਹੇ ਅੱਲਾਹ! ਅਕਾਸ਼ਾਂ ਤੇ ਧਰਤੀ ਦੇ ਰਚਨਹਾਰ। ਗੁਪਤ ਤੇ ਪ੍ਰਗਟ ਦੇ ਜਾਣਨਹਾਰ ਤੂੰ ਹੀ (ਕਿਆਮਤ ਦਿਹਾੜੇ) ਆਪਣੇ ਬੰਦਿਆਂ ਦੇ ਉਹਨਾਂ ਮਾਮਲਿਆਂ ਵਿਚਾਲੇ ਫ਼ੈਸਲਾ ਕਰੇਗਾ ਜਿਨ੍ਹਾਂ ਵਿਚ ਉਹ ਮਤਭੇਦ ਕਰਿਆ ਕਰਦੇ ਸੀ।

قُلِ اللَّهُمَّ فَاطِرَ السَّمَاوَاتِ وَالْأَرْضِ عَالِمَ الْغَيْبِ
وَالشَّهَادَةِ أَنتَ تَحْكُمُ بَيْنَ عِبَادِكَ فِي مَا كَانُوا
فِيهِ يَخْتَلِفُونَ ٤٦

47. ਜੇਕਰ ਉਹਨਾਂ ਜ਼ਾਲਮਾਂ ਦੇ ਕੋਲੇ ਉਹ ਸਭ ਕੁੱਝ ਹੋਵੇ ਜਿਹੜਾ ਧਰਤੀ ਉੱਤੇ (ਧਨ-ਦੌਲਤ) ਹੈ ਅਤੇ ਇਨਾ ਹੀ ਹੋਰ ਹੋਵੇ ਤਾਂ ਵੀ ਉਹ ਭੈੜੇ ਅਜ਼ਾਬ ਤੋਂ ਬਚਣ ਲਈ ਸਾਰਾ ਕੁੱਝ ਛੁਡਵਾਈ ਵਜੋਂ ਦੇਣ ਲਈ ਤਿਆਰ ਹੋ ਜਾਣਗੇ। ਉਹਨਾਂ ਦੇ ਸਾਹਮਣੇ ਅੱਲਾਹ ਵੱਲੋਂ ਉਹ (ਅਜ਼ਾਬ) ਪ੍ਰਗਟ ਹੋਵੇਗਾ ਜਿਸ ਦਾ ਉਹਨਾਂ ਨੂੰ ਚਿੱਤ-ਚੇਤਾ ਵੀ ਨਹੀਂ ਸੀ।[2]

وَلَوْ أَنَّ لِلَّذِينَ ظَلَمُوا مَا فِي الْأَرْضِ جَمِيعًا وَمِثْلَهُ
مَعَهُ لَافْتَدَوْا بِهِ مِن سُوءِ الْعَذَابِ يَوْمَ الْقِيَامَةِ
وَبَدَا لَهُم مِّنَ اللَّهِ مَا لَمْ يَكُونُوا يَحْتَسِبُونَ ٤٧

48. ਉਹਨਾਂ ਲਈ ਉਹਨਾਂ ਦੀਆਂ ਕਰਤੂਤਾਂ ਦੀਆਂ ਬੁਰਾਈਆਂ (ਭਾਵ ਭੈੜੇ ਸਿੱਟੇ) ਪ੍ਰਗਟ ਹੋ ਜਾਣਗੀਆਂ ਅਤੇ ਜਿਸ (ਅਜ਼ਾਬ) ਨੂੰ ਉਹ ਮਖੌਲ ਸਮਝਦੇ ਸੀ, ਉਹ (ਨਰਕ) ਉਹਨਾਂ ਨੂੰ ਘੇਰ ਲਵੇਗੀ।

وَبَدَا لَهُمْ سَيِّئَاتُ مَا كَسَبُوا وَحَاقَ بِهِم مَّا كَانُوا بِهِ
يَسْتَهْزِئُونَ ٤٨

49. (ਮਨੁੱਖ ਦਾ ਤਾਂ ਉਹ ਹਾਲ ਹੈ ਕਿ) ਜਦੋਂ ਮਨੁੱਖ ਨੂੰ ਕੋਈ ਤਕਲੀਫ਼ ਪੁੱਜਦੀ ਹੈ ਤਾਂ ਉਹ ਸਾਨੂੰ (ਮਦਦ ਲਈ) ਪੁਕਾਰਦਾ ਹੈ, ਜਦੋਂ ਅਸੀਂ ਉਸ ਨੂੰ ਆਪਣੇ ਵੱਲੋਂ ਕੋਈ ਇਨਾਮ ਬਖ਼ਸ਼ ਦਈਏ ਤਾਂ ਆਖਣ ਲੱਗਦਾ ਹੈ ਕਿ ਇਹ (ਇਨਾਮ) ਤਾਂ ਮੈਨੂੰ ਆਪਣੇ ਗਿਆਨ (ਸੂਝ ਬੂਝ) ਕਾਰਨ ਮਿਲਿਆ ਹੈ। (ਨਹੀਂ!) ਸਗੋਂ ਇਹ ਇਨਾਮ ਤਾਂ ਇਕ ਅਜ਼ਮਾਇਸ਼

فَإِذَا مَسَّ الْإِنسَانَ ضُرٌّ دَعَانَا ثُمَّ إِذَا خَوَّلْنَاهُ
نِعْمَةً مِّنَّا قَالَ إِنَّمَا أُوتِيتُهُ عَلَىٰ عِلْمٍ بَلْ هِيَ
فِتْنَةٌ وَلَٰكِنَّ أَكْثَرَهُمْ لَا يَعْلَمُونَ ٤٩

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 165/2

[2] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 91/3

ਵਾਲੀ ਹੈ, ਪ੍ਰੰਤੂ ਵਧੇਰੇ ਲੋਕ ਅਜਿਹੇ ਹਨ ਜਿਹੜੇ ਗਿਆਨ ਨਹੀਂ ਰੱਖਦੇ।

قَدْ قَالَهَا الَّذِينَ مِن قَبْلِهِمْ فَمَا أَغْنَىٰ عَنْهُم
مَّا كَانُوا يَكْسِبُونَ ﴿٥٠﴾

50. ਇਹਨਾਂ ਤੋਂ ਪਹਿਲਾਂ ਦੇ ਲੋਕ ਵੀ ਇਹੋ ਗੱਲ ਕਹਿੰਦੇ ਸੀ ਪਰ ਉਹਨਾਂ ਦਾ ਕੀਤਾ ਕਮਾਇਆ ਉਹਨਾਂ ਦੇ ਕੁੱਝ ਵੀ ਕੰਮ ਨਹੀਂ ਆਇਆ।

فَأَصَابَهُمْ سَيِّئَاتُ مَا كَسَبُوا ۚ وَالَّذِينَ ظَلَمُوا مِنْ هَٰؤُلَاءِ
سَيُصِيبُهُمْ سَيِّئَاتُ مَا كَسَبُوا وَمَا هُم بِمُعْجِزِينَ ﴿٥١﴾

51. ਸੋ ਉਹਨਾਂ ਨੂੰ ਉਹਨਾਂ ਕਰਤੂਤਾਂ ਦੀ ਸਜ਼ਾ ਮਿਲੀ (ਜਿਹੜੀਆਂ ਉਹ ਕਰਦੇ ਸੀ) ਅਤੇ ਜਿਹੜੇ ਇਹਨਾਂ ਵਿੱਚੋਂ ਜ਼ਾਲਮ ਹਨ ਉਹਨਾਂ ਨੂੰ ਉਹਨਾਂ ਦੇ ਕੀਤੇ ਦੀ ਸਜ਼ਾ ਛੇਤੀ ਹੀ ਮਿਲੇਗੀ। ਇਹ (ਅੱਲਾਹ ਨੂੰ) ਆਜਿਜ਼ (ਬੇਵਸ) ਨਹੀਂ ਕਰ ਸਕਦੇ।

أَوَلَمْ يَعْلَمُوا أَنَّ اللَّهَ يَبْسُطُ الرِّزْقَ لِمَن يَشَاءُ وَيَقْدِرُ ۚ
إِنَّ فِي ذَٰلِكَ لَآيَاتٍ لِّقَوْمٍ يُؤْمِنُونَ ﴿٥٢﴾

52. ਕੀ ਉਹ ਨਹੀਂ ਜਾਣਦੇ ਕਿ ਅੱਲਾਹ ਜਿਸ ਲਈ ਚਾਹੁੰਦਾ ਹੈ ਰਿਜ਼ਕ ਵਿਚ ਖੁੱਲ੍ਹ ਪੈਦਾ ਕਰ ਦਿੰਦਾ ਹੈ ਅਤੇ (ਚਾਹੇ ਤਾਂ) ਤੰਗ ਵੀ ਕਰ ਦਿੰਦਾ ਹੈ। ਬੇਸ਼ੱਕ ਇਸ ਵਿਚ ਈਮਾਨ ਰੱਖਣ ਵਾਲਿਆਂ ਲਈ ਬਥੇਰੀਆਂ ਹੀ ਨਿਸ਼ਾਨੀਆਂ ਹਨ।

قُلْ يَا عِبَادِيَ الَّذِينَ أَسْرَفُوا عَلَىٰ أَنفُسِهِمْ لَا تَقْنَطُوا
مِن رَّحْمَةِ اللَّهِ ۚ إِنَّ اللَّهَ يَغْفِرُ الذُّنُوبَ جَمِيعًا ۚ
إِنَّهُ هُوَ الْغَفُورُ الرَّحِيمُ ﴿٥٣﴾

53. (ਹੇ ਨਬੀ! ਅੱਲਾਹ ਦਾ ਫ਼ਰਮਾਨ ਹੈ ਕਿ) ਹੇ ਮੇਰੇ ਉਹ ਬੰਦਿਓ! ਜਿਨ੍ਹਾਂ ਨੇ ਆਪਣੀਆਂ ਜਾਨਾਂ ਨਾਲ ਧੱਕਾ ਕੀਤਾ ਹੈ (ਭਾਵ ਗੁਨਾਹ ਕੀਤੇ ਹਨ), ਉਹ ਅੱਲਾਹ ਦੀ ਰਹਿਮਤ ਤੋਂ ਨਿਰਾਸ਼ ਨਾ ਹੋਣ। ਅੱਲਾਹ ਸਾਰੇ ਗੁਨਾਹਾਂ ਨੂੰ ਬਖ਼ਸ਼ ਦੇਣ ਵਾਲਾ ਹੈ। ਉਹ ਵੱਡਾ ਬਖ਼ਸ਼ਣਹਾਰ ਤੇ ਰਹਿਮ ਕਰਨ ਵਾਲਾ ਹੈ।[1]

وَأَنِيبُوا إِلَىٰ رَبِّكُمْ وَأَسْلِمُوا لَهُ مِن قَبْلِ أَن يَأْتِيَكُمُ
الْعَذَابُ ثُمَّ لَا تُنصَرُونَ ﴿٥٤﴾

54. ਤੁਸੀਂ ਸਾਰੇ ਆਪਣੇ ਪਾਲਣਹਾਰ ਵੱਲ ਮੁੜ ਆਓ ਅਤੇ ਉਸੇ ਦੇ ਆਗਿਆਕਾਰੀ ਬਣ ਜਾਓ, ਇਸ ਤੋਂ ਪਹਿਲਾਂ ਕਿ ਤੁਹਾਡੇ ਉੱਤੇ ਅਚਣਚੇਤ ਕੋਈ ਅਜ਼ਾਬ ਆ ਜਾਵੇ ਅਤੇ ਫੇਰ ਤੁਹਾਡੀ ਕੋਈ ਸਹਾਇਤਾ ਵੀ ਨਹੀਂ ਕੀਤੀ ਜਾਵੇਗੀ।

---

[1] ਵੇਖੋ ਸੂਰਤ ਅਤ-ਤੌਬਾ, ਹਾਸ਼ੀਆ ਆਇਤ 121/9 ਅਤੇ ਵੇਖੋ ਸੂਰਤ ਅਲ-ਫ਼ੁਰਕਾਨ, ਹਾਸ਼ੀਆ ਆਇਤ 70/25

55. ਅਤੇ ਤੁਸੀਂ ਉਸ ਉੱਚਤਮ ਚੀਜ਼ (ਕੁਰਆਨ) ਦੀ ਪੈਰਵੀ ਕਰੋ ਜਿਹੜੀ ਤੁਹਾਡੇ ਵੱਲ ਤੁਹਾਡੇ ਪਾਲਣਹਾਰ ਨੇ ਨਾਜ਼ਿਲ ਕੀਤੀ ਹੈ, ਇਸ ਤੋਂ ਪਹਿਲਾਂ ਕਿ ਤੁਹਾਡੇ ਉੱਤੇ ਅਚਣਚੇਤ ਕੋਈ ਅਜ਼ਾਬ ਆ ਜਾਵੇ ਅਤੇ ਤੁਹਾਨੂੰ ਪਤਾ ਵੀ ਨਾ ਲੱਗੇ।

وَاتَّبِعُوا أَحْسَنَ مَا أُنزِلَ إِلَيْكُم مِّن رَّبِّكُم مِّن قَبْلِ
أَن يَأْتِيَكُمُ الْعَذَابُ بَغْتَةً وَأَنتُمْ لَا تَشْعُرُونَ ۝55

56. (ਫੇਰ ਇੰਜ ਨਾ ਹੋਵੇ ਕਿ) ਕੋਈ ਵਿਅਕਤੀ ਇਹ ਕਹੇ ਕਿ ਹਾਏ ਅਫ਼ਸੋਸ। ਮੈਨੇ ਅੱਲਾਹ ਦੀ ਬੰਦਗੀ ਕਰਨ ਦਾ ਹੱਕ ਅਦਾ ਕਰਨ ਵਿਚ ਕਪੀਰੀ ਕੀਤੀ ਹੈ, ਸਗੋਂ ਮੈਂ ਤਾਂ ਮਖੌਲ ਕਰਨ ਵਾਲਿਆਂ ਨਾਲ ਹੀ ਸ਼ਾਮਿਲ ਰਿਹਾ।

أَن تَقُولَ نَفْسٌ يَا حَسْرَتَىٰ عَلَىٰ مَا فَرَّطتُ فِي
جَنبِ اللَّهِ وَإِن كُنتُ لَمِنَ السَّاخِرِينَ ۝56

57. ਜਾਂ ਉਹ ਕਹੇ ਕਿ ਜੇ ਅੱਲਾਹ ਮੈਨੂੰ ਹਿਦਾਇਤ ਦਿੰਦਾ ਤਾਂ ਮੈਂ ਵੀ ਪਰਹੇਜ਼ਗਾਰਾਂ (ਰੱਬ ਤੋਂ ਡਰ ਕੇ ਬੁਰਾਈ ਤੋਂ ਬਚਣ ਵਾਲਿਆਂ) ਵਿੱਚੋਂ ਹੁੰਦਾ।

أَوْ تَقُولَ لَوْ أَنَّ اللَّهَ هَدَانِي لَكُنتُ مِنَ الْمُتَّقِينَ ۝57

58 ਜਾਂ ਅਜ਼ਾਬ ਵੇਖ ਕੇ ਆਖੇ ਕਿ ਕਾਸ਼ ਕਿਸੇ ਤਰ੍ਹਾਂ ਮੇਰਾ (ਸੰਸਾਰ ਵਿਚ) ਮੁੜ ਜਾਣਾ ਹੋ ਜਾਵੇ ਤਾਂ ਮੈਂ ਵੀ ਨੇਕ ਲੋਕਾਂ ਵਿਚੋਂ ਹੋ ਜਾਵਾਂ।

أَوْ تَقُولَ حِينَ تَرَى الْعَذَابَ لَوْ أَنَّ لِي كَرَّةً
فَأَكُونَ مِنَ الْمُحْسِنِينَ ۝58

59 (ਅੱਲਾਹ ਪਛਤਾਵਾ ਕਰਨ ਵਾਲੇ ਵਿਅਕਤੀ ਨੂੰ ਆਖੇਗਾ) ਤੈਨੂੰ ਸਜ਼ਾ ਕਿਉਂ ਨਾ ਮਿਲੇ, ਜਦੋਂ ਤੇਰੇ ਕੋਲ ਮੇਰੀਆਂ ਆਇਤਾਂ (ਹਿਦਾਇਤਾਂ) ਪਹੁੰਚੀਆਂ ਤਾਂ ਤੂੰ ਉਹਨਾਂ ਨੂੰ ਝੁਠਲਾਇਆ ਤੇ ਹੰਕਾਰ ਕੀਤਾ। ਤੂੰ ਤਾਂ ਕਾਫ਼ਿਰਾਂ ਵਿੱਚੋਂ ਸੀ।

بَلَىٰ قَدْ جَاءَتْكَ آيَاتِي فَكَذَّبْتَ بِهَا وَاسْتَكْبَرْتَ
وَكُنتَ مِنَ الْكَافِرِينَ ۝59

60 ਅਤੇ ਜਿਨ੍ਹਾਂ ਲੋਕਾਂ ਨੇ ਅੱਲਾਹ 'ਤੇ ਝੂਠ ਘੜਿਆ ਸੀ, ਤੁਸੀਂ ਵੇਖੋਗੇ ਕਿ ਕਿਆਮਤ ਵਾਲੇ ਦਿਨ ਉਹਨਾਂ ਦੇ ਮੂੰਹ ਕਾਲੇ ਹੋ ਗਏ ਹੋਣਗੇ। ਕੀ ਘਮੰਡੀਆਂ ਦਾ ਟਿਕਾਣਾ ਨਰਕ ਨਹੀਂ ਹੈ?

وَيَوْمَ الْقِيَامَةِ تَرَى الَّذِينَ كَذَبُوا عَلَى اللَّهِ وُجُوهُهُم
مُّسْوَدَّةٌ ۚ أَلَيْسَ فِي جَهَنَّمَ مَثْوًى لِّلْمُتَكَبِّرِينَ ۝60

61 ਅਤੇ ਜਿਨ੍ਹਾਂ ਨੇ ਪਰਹੇਜ਼ਗਾਰੀ ਕੀਤੀ ਭਾਵ ਬੁਰਾਈਆਂ ਤੋਂ ਬਚਾਓ ਕੀਤਾ, ਅੱਲਾਹ ਉਹਨਾਂ

وَيُنَجِّي اللَّهُ الَّذِينَ اتَّقَوْا بِمَفَازَتِهِمْ لَا يَمَسُّهُمُ السُّوءُ
وَلَا هُمْ يَحْزَنُونَ ۝61

ਦੀ ਸਫ਼ਲਤਾ ਦੇ ਕਾਰਨ (ਸਜ਼ਾ ਤੋਂ) ਬਚਾ ਲਵੇਗਾ, ਨਾ ਤਾਂ ਉਹਨਾਂ ਨੂੰ ਕੋਈ ਕਸ਼ਟ ਹੋਵੇਗਾ ਅਤੇ ਨਾ ਹੀ ਕੋਈ ਡਰ-ਭੌ ਹੋਵੇਗਾ।

62. ਅੱਲਾਹ ਹਰੇਕ ਚੀਜ਼ ਦਾ ਪੈਦਾ ਕਰਨ ਵਾਲਾ ਹੈ ਅਤੇ ਉਹੀ ਹਰੇਕ ਚੀਜ਼ ਦੀ ਦੇਖ ਭਾਲ ਵੀ ਕਰਦਾ ਹੈ।

اَللّٰهُ خَالِقُ كُلِّ شَيْءٍ ۖ وَّهُوَ عَلٰى كُلِّ شَيْءٍ وَّكِيْلٌ 62

63. ਉਸੇ ਕੋਲ ਅਕਾਸ਼ ਤੇ ਧਰਤੀ ਦੇ ਖ਼ਜ਼ਾਨਿਆਂ ਦੀਆਂ ਕੁੰਜੀਆਂ ਹਨ। ਜਿਨ੍ਹਾਂ ਨੇ ਵੀ ਅੱਲਾਹ ਦੀਆਂ ਆਇਤਾਂ (ਕੁਰਆਨੀ ਹੁਕਮਾਂ) ਦਾ ਇਨਕਾਰ ਕੀਤਾ ਉਹੀ ਘਾਟੇ ਵਿਚ ਰਹਿਣ ਵਾਲੇ ਹਨ।

لَهٗ مَقَالِيْدُ السَّمٰوٰتِ وَالْاَرْضِ ۗ وَالَّذِيْنَ كَفَرُوْا بِاٰيٰتِ اللّٰهِ اُولٰٓئِكَ هُمُ الْخٰسِرُوْنَ 63

64. (ਹੇ ਨਬੀ!) ਤੁਸੀਂ ਆਖ ਦਿਓ ਕਿ ਹੇ ਜਾਹਿਲੋ! ਕੀ ਤੁਸੀਂ ਮੈਨੂੰ ਅੱਲਾਹ ਤੋਂ ਛੁੱਟ ਦੂਜਿਆਂ ਦੀ ਇਬਾਦਤ ਕਰਨ ਲਈ ਆਖਦੇ ਹੋ?

قُلْ اَفَغَيْرَ اللّٰهِ تَاْمُرُوْٓنِّيْٓ اَعْبُدُ اَيُّهَا الْجٰهِلُوْنَ 64

65. ਜਦ ਕਿ (ਹੇ ਮੁਹੰਮਦ ਸ:!) ਤੁਹਾਡੇ ਵੱਲ ਵੀ ਅਤੇ ਤੁਹਾਥੋਂ ਪਹਿਲਾਂ ਦੇ ਸਾਰੇ ਨਬੀਆਂ ਨੂੰ ਇਹੋ ਵਹੀ ਭੇਜੀ ਜਾ ਚੁੱਕੀ ਹੈ ਕਿ ਜੇ ਤੁਸੀਂ ਸ਼ਿਰਕ ਕੀਤਾ ਤਾਂ ਤੁਹਾਡੇ ਸਾਰੇ ਹੀ ਕੀਤੇ ਕਰਾਏ ਕੰਮ ਵਿਅਰਥ ਜਾਣਗੇ ਅਤੇ ਤੁਸੀਂ ਘਾਟੇ ਵਿਚ ਰਹਿਣ ਵਾਲਿਆਂ ਵਿੱਚੋਂ ਹੋ ਜਾਵੋਗੇ।

وَلَقَدْ اُوْحِيَ اِلَيْكَ وَاِلَى الَّذِيْنَ مِنْ قَبْلِكَ ۚ لَئِنْ اَشْرَكْتَ لَيَحْبَطَنَّ عَمَلُكَ وَلَتَكُوْنَنَّ مِنَ الْخٰسِرِيْنَ 65

66. ਤੁਸੀਂ ਅੱਲਾਹ ਦੀ ਹੀ ਬੰਦਗੀ ਕਰੋ ਅਤੇ ਧੰਨਵਾਦੀਆਂ ਵਿੱਚੋਂ ਹੋ ਜਾਓ।

بَلِ اللّٰهَ فَاعْبُدْ وَكُنْ مِّنَ الشّٰكِرِيْنَ 66

67. ਅਤੇ ਉਹਨਾਂ (ਮੁਸ਼ਰਿਕਾਂ) ਨੇ ਅੱਲਾਹ ਦੀ ਕਦਰ ਨਹੀਂ ਕੀਤੀ ਜਿਵੇਂ ਕਿ ਉਸ ਦੀ ਕਦਰ ਕਰਨ ਦਾ ਹੱਕ ਹੈ। ਕਿਆਮਤ ਵਾਲੇ ਦਿਨ ਸਾਰੀ ਧਰਤੀ ਉਸ ਦੀ ਮੁੱਠੀ ਵਿਚ ਹੋਵੇਗੀ ਅਤੇ ਅਕਾਸ਼ ਉਸ ਦੇ ਸੱਜੇ ਹੱਥ ਵਿਚ ਵਲ੍ਹੇਟੇ ਹੋਏ ਹੋਣਗੇ। ਉਹ ਪਾਕ ਹੈ ਅਤੇ ਉਸ ਸ਼ਿਰਕ ਤੋਂ ਸਰਵਉੱਚ ਹੈ ਜੋ ਇਹ ਲੋਕ ਕਰਦੇ ਹਨ।

وَمَا قَدَرُوا اللّٰهَ حَقَّ قَدْرِهٖ ۖ وَالْاَرْضُ جَمِيْعًا قَبْضَتُهٗ يَوْمَ الْقِيٰمَةِ وَالسَّمٰوٰتُ مَطْوِيّٰتٌۢ بِيَمِيْنِهٖ ۚ سُبْحٰنَهٗ وَتَعٰلٰى عَمَّا يُشْرِكُوْنَ 67

وَنُفِخَ فِي الصُّورِ فَصَعِقَ مَنْ فِي السَّمٰوٰتِ وَمَنْ فِي الْأَرْضِ إِلَّا مَنْ شَاءَ اللّٰهُ ثُمَّ نُفِخَ فِيهِ أُخْرٰى فَإِذَا هُمْ قِيَامٌ يَنْظُرُونَ ﴿٦٨﴾

68 ਜਦੋਂ ਸੂਰ (ਨਰਸਿੰਘਾ) ਵਿਚ ਫੂਕ ਮਾਰੀ ਜਾਵੇਗੀ ਤਾਂ ਜੋ ਕੋਈ ਵੀ (ਜੀਵ-ਜੰਤੂ) ਅਕਾਸ਼ ਤੇ ਧਰਤੀ ਵਿਚ ਹੈ, ਉਹ ਸਾਰੇ ਬੇਹੋਸ਼ ਹੋ ਜਾਣਗੇ, ਛੁੱਟ ਉਹਨਾਂ ਤੋਂ ਜਿਨ੍ਹਾਂ ਨੂੰ ਅੱਲਾਹ ਜਿਊਂਦਾ ਰੱਖੇ। ਫੇਰ ਜਦੋਂ ਦੂਜੀ ਵਾਰ ਉਸ ਵਿਚ ਫੂਕ ਮਾਰੀ ਜਾਵੇਗੀ ਤਾਂ ਉਹ ਅਚਣਚੇਤ ਖੜ੍ਹੇ ਹੋ ਕੇ ਵੇਖਣ ਲੱਗ ਪੈਣਗੇ।

وَأَشْرَقَتِ الْأَرْضُ بِنُورِ رَبِّهَا وَوُضِعَ الْكِتٰبُ وَجِايْءَ بِالنَّبِيّٖنَ وَالشُّهَدَاءِ وَقُضِيَ بَيْنَهُمْ بِالْحَقِّ وَهُمْ لَا يُظْلَمُونَ ﴿٦٩﴾

69 ਅਤੇ ਧਰਤੀ ਆਪਣੇ ਰੱਬ ਦੇ ਨੂਰ ਨਾਲ ਲਿਸ਼ਕਾਂ ਮਾਰੇਗੀ, ਕਰਮ-ਪੱਤਰੀਆਂ (ਰੱਬ ਦੇ ਹਜ਼ੂਰ) ਪੇਸ਼ ਕੀਤੀਆਂ ਜਾਣਗੀਆਂ ਪੈਗ਼ੰਬਰਾਂ ਤੇ ਗਵਾਹਾਂ ਨੂੰ ਹਾਜ਼ਰ ਕੀਤਾ ਜਾਵੇਗਾ ਅਤੇ ਲੋਕਾਂ ਵਿਚਾਲੇ ਨਿਆਂ-ਪੂਰਵਕ ਫ਼ੈਸਲਾ ਕੀਤਾ ਜਾਵੇਗਾ ਅਤੇ ਉਨ੍ਹਾਂ 'ਤੇ ਕੋਈ ਜ਼ੁਲਮ ਨਹੀਂ ਹੋਵੇਗਾ।

وَوُفِّيَتْ كُلُّ نَفْسٍ مَا عَمِلَتْ وَهُوَ أَعْلَمُ بِمَا يَفْعَلُونَ ﴿٧٠﴾

70 ਅਤੇ ਜਿਸ ਵਿਅਕਤੀ ਨੇ ਜੋ ਵੀ ਕਰਮ ਕੀਤਾ ਹੈ ਉਸ ਨੂੰ ਉਸ ਦਾ ਪੂਰਾ-ਪੂਰਾ ਬਦਲਾ ਦਿੱਤਾ ਜਾਵੇਗਾ। ਲੋਕੀ ਜੋ ਕੁੱਝ ਵੀ ਕਰਦੇ ਹਨ ਉਹ ਉਸ ਨੂੰ ਭਲੀ-ਭਾਂਤ ਜਾਣਦਾ ਹੈ।

وَسِيقَ الَّذِينَ كَفَرُوا إِلٰى جَهَنَّمَ زُمَرًا حَتّٰى إِذَا جَاءُوهَا فُتِحَتْ أَبْوَابُهَا وَقَالَ لَهُمْ خَزَنَتُهَا أَلَمْ يَأْتِكُمْ رُسُلٌ مِنْكُمْ يَتْلُونَ عَلَيْكُمْ اٰيٰتِ رَبِّكُمْ وَيُنْذِرُونَكُمْ لِقَاءَ يَوْمِكُمْ هٰذَا قَالُوا بَلٰى وَلٰكِنْ حَقَّتْ كَلِمَةُ الْعَذَابِ عَلَى الْكٰفِرِينَ ﴿٧١﴾

71 (ਫ਼ੈਸਲਿਆਂ ਪਿੱਛੋਂ) ਕਾਫ਼ਿਰਾਂ ਦੇ ਟੋਲੇ ਦੇ ਟੋਲੇ ਨਰਕ ਵੱਲ ਹੱਕੇ ਜਾਣਗੇ, ਜਦੋਂ ਉਹ (ਕਾਫ਼ਿਰ) ਉਸ ਦੇ ਨੇੜੇ ਪਹੁੰਚਣਗੇ ਤਾਂ ਉਸ ਦੇ ਬੂਹੇ ਉਹਨਾਂ ਲਈ ਖੋਲ੍ਹ ਦਿੱਤੇ ਜਾਣਗੇ ਅਤੇ ਉੱਥੇ ਦੇ ਪਹਿਰੇਦਾਰ ਉਹਨਾਂ ਤੋਂ ਪੁੱਛਣਗੇ, ਕੀ ਤੁਹਾਡੇ ਕੋਲ ਤੁਹਾਡੇ ਵਿੱਚੋਂ ਰਸੂਲ ਨਹੀਂ ਆਏ ਸੀ ਜਿਹੜੇ ਤੁਹਾਨੂੰ ਤੁਹਾਡੇ ਰੱਬ ਦੀਆਂ ਆਇਤਾਂ ਪੜ੍ਹ ਕੇ ਸੁਣਾਉਂਦੇ ਸਨ ਅਤੇ ਤੁਹਾਨੂੰ ਉਸ (ਕਿਆਮਤ) ਦਿਨ ਦੀ ਮਿਲਣੀ ਤੋਂ ਡਰਾਉਂਦੇ ਸਨ? ਉਹ (ਕਾਫ਼ਿਰ) ਕਹਿਣਗੇ ਕਿ ਹਾਂ! (ਆਏ ਸਨ)। ਹੁਣ ਅਜ਼ਾਬ ਦਾ ਫ਼ੈਸਲਾ ਕਾਫ਼ਿਰਾਂ ਲਈ ਠੀਕ ਸਿੱਧ ਹੋ ਗਿਆ ਹੈ।[1]

---

[1] ਵੇਖੋ ਸੂਰਤ ਆਲ-ਇਮਰਾਨ, ਹਾਸ਼ੀਆ ਆਇਤ 85/3

قِيلَ ادْخُلُوا أَبْوَابَ جَهَنَّمَ خَالِدِينَ فِيهَا ۖ فَبِئْسَ
مَثْوَى الْمُتَكَبِّرِينَ ﴿٧٢﴾

72. ਕਿਹਾ ਜਾਵੇਗਾ ਕਿ ਹੁਣ ਤੁਸੀਂ ਨਰਕ ਦੇ ਬੂਹਿਆਂ ਵਿਚ ਪ੍ਰਵੇਸ਼ ਕਰ ਜਾਓ, ਜਿੱਥੇ ਤੁਸੀਂ ਸਦਾ ਰਹੋਗੇ। ਸੋ ਘਮੰਡੀਆਂ ਦਾ (ਇਹ) ਟਿਕਾਣਾ ਬਹੁਤ ਹੀ ਭੈੜਾ ਹੈ।

وَسِيقَ الَّذِينَ اتَّقَوْا رَبَّهُمْ إِلَى الْجَنَّةِ زُمَرًا ۖ حَتَّىٰ
إِذَا جَاءُوهَا وَفُتِحَتْ أَبْوَابُهَا وَقَالَ لَهُمْ خَزَنَتُهَا
سَلَامٌ عَلَيْكُمْ طِبْتُمْ فَادْخُلُوهَا خَالِدِينَ ﴿٧٣﴾

73. ਜਿਹੜੇ ਲੋਕ (ਸੰਸਾਰ ਵਿਚ) ਆਪਣੇ ਰੱਬ ਤੋਂ ਡਰਦੇ ਸੀ ਉਹਨਾਂ ਦੀਆਂ ਟੋਲੀਆਂ ਦੀਆਂ ਟੋਲੀਆਂ ਜੰਨਤ ਵੱਲ ਘੱਲੀਆਂ ਜਾਣਗੀਆਂ। ਜਦੋਂ ਉਹ ਉਸ (ਜੰਨਤ) ਦੇ ਨੇੜੇ ਜਾਣਗੇ ਤਾਂ ਉਸ ਦੇ ਬੂਹੇ ਖੁੱਲ੍ਹ ਜਾਣਗੇ ਅਤੇ ਉੱਥੇ ਦੇ ਪਹਿਰੇਦਾਰ ਉਹਨਾਂ ਨੂੰ ਆਖਣਗੇ ਕਿ ਤੁਹਾਡੇ 'ਤੇ ਸਲਾਮ ਹੋਵੇ, ਤੁਸੀਂ (ਗੁਨਾਹਾਂ ਤੋਂ) ਪਾਕ ਹੋ। ਹੁਣ ਤੁਸੀਂ ਸਦਾ ਲਈ ਇਸ ਸਵਰਗ ਵਿਚ ਦਾਖ਼ਲ ਹੋ ਜਾਓ।

وَقَالُوا الْحَمْدُ لِلَّهِ الَّذِي صَدَقَنَا وَعْدَهُ وَأَوْرَثَنَا
الْأَرْضَ نَتَبَوَّأُ مِنَ الْجَنَّةِ حَيْثُ نَشَاءُ ۖ فَنِعْمَ
أَجْرُ الْعَامِلِينَ ﴿٧٤﴾

74. ਉਹ ਨੇਕ ਲੋਕ ਕਹਿਣਗੇ ਕਿ ਅੱਲਾਹ ਦਾ ਸ਼ੁਕਰ ਹੈ ਜਿਸ ਨੇ ਆਪਣਾ ਵਚਨ ਸੱਚ ਕਰ ਵਿਖਾਇਆ ਅਤੇ ਸਾਨੂੰ ਇਸ (ਸਵਰਗ) ਦੀ ਧਰਤੀ ਦਾ ਵਾਰਸ ਬਣਾ ਦਿੱਤਾ, ਹੁਣ ਅਸੀਂ ਜੰਨਤ ਵਿਚ ਜਿੱਥੇ ਚਾਹੀਏ ਉੱਥੇ ਹੀ ਆਪਣਾ ਟਿਕਾਣਾ ਬਣਾ ਸਕਦੇ ਹਾਂ। ਸੋ ਨੇਕ ਅਮਲ ਕਰਨ ਵਾਲਿਆਂ ਲਈ ਕਿੰਨਾ ਸੋਹਣਾ ਬਦਲਾ ਹੈ।

وَتَرَى الْمَلَائِكَةَ حَافِّينَ مِنْ حَوْلِ الْعَرْشِ
يُسَبِّحُونَ بِحَمْدِ رَبِّهِمْ ۖ وَقُضِيَ بَيْنَهُمْ بِالْحَقِّ
وَقِيلَ الْحَمْدُ لِلَّهِ رَبِّ الْعَالَمِينَ ﴿٧٥﴾

75 ਅਤੇ ਤੁਸੀਂ ਫ਼ਰਿਸ਼ਤਿਆਂ ਨੂੰ ਅੱਲਾਹ ਦੇ ਤਖ਼ਤ ਦੇ ਆਲੇ-ਦੁਆਲੇ ਘੇਰਾ ਪਾਈਂ ਵੇਖੋਗੇ, ਜਦ ਕਿ ਉਹ ਆਪਣੇ ਰੱਬ ਦੀ ਤਸਬੀਹ ਕਰ ਰਹੇ ਹੋਣਗੇ ਅਤੇ ਲੋਕਾਂ ਵਿਚਾਲੇ ਇਨਸਾਫ਼ ਨਾਲ ਫ਼ੈਸਲਾ ਕੀਤਾ ਜਾਵੇਗਾ ਅਤੇ ਕਿਹਾ ਜਾਵੇਗਾ ਕਿ ਸਾਰੀਆਂ ਤਾਰੀਫ਼ਾਂ ਅੱਲਾਹ ਲਈ ਹਨ, ਜਿਹੜਾ ਸਾਰੇ ਜਹਾਨਾਂ ਦਾ ਪਾਲਣਹਾਰ ਹੈ।

40. ਸੂਰਤ ਅਲ-ਮੋਮਿਨ (ਮੱਕੀ-60)

(ਆਇਤਾਂ 85, ਰੁਕੂਅ 9)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

1. ਹਾ, ਮੀਮ।

2 ਇਹ ਕਿਤਾਬ (ਕੁਰਆਨ) ਦਾ ਉਤਰਨਾ ਉਸ ਅੱਲਾਹ ਵੱਲੋਂ ਹੈ ਜਿਹੜਾ ਵੱਡਾ ਜ਼ੋਰਾਵਰ ਅਤੇ ਸਭ ਕੁੱਝ ਜਾਣਨ ਵਾਲਾ ਹੈ।

3 ਗੁਨਾਹਾਂ ਨੂੰ ਬਖ਼ਸ਼ਣ ਵਾਲਾ ਅਤੇ ਤੌਬਾ ਨੂੰ ਕਬੂਲ ਕਰਨ ਵਾਲਾ ਹੈ। ਕਰੜੀ ਸਜ਼ਾ ਦੇਣ ਵਾਲਾ ਅਤੇ ਵੱਡਾ ਦਾਤਾ ਦਾਤਾਰ ਹੈ। ਉਸ (ਅੱਲਾਹ) ਤੋਂ ਛੁੱਟ ਹੋਰ ਕੋਈ (ਸੱਚਾ) ਇਸ਼ਟ ਨਹੀਂ, ਸਾਰਿਆਂ ਨੇ ਉਸੇ ਵੱਲ ਮੁੜ ਜਾਣਾ ਹੈ।

4 ਅੱਲਾਹ ਦੀਆਂ ਆਇਤਾਂ (ਕੁਰਆਨ) ਬਾਰੇ ਕੇਵਲ ਇਨਕਾਰੀ ਹੀ ਝਗੜਦੇ ਹਨ। ਸੋ ਉਹਨਾਂ (ਇਨਕਾਰੀਆਂ) ਦੀ ਸ਼ਹਿਰਾਂ ਵਿਚ ਚੱਲਤ ਫਿਰਤ ਤੁਹਾਨੂੰ ਕਿਸੇ ਧੋਖੇ ਵਿਚ ਨਾ ਪਾ ਦੇਵੇ।

5 ਇਹਨਾਂ (ਮੱਕੇ ਵਾਲਿਆਂ) ਤੋਂ ਪਹਿਲਾਂ ਨੂਹ ਦੀ ਕੌਮ ਨੇ ਅਤੇ ਉਸ ਦੇ ਮਗਰੋਂ ਦੂਜੀਆਂ ਕੌਮਾਂ ਨੇ ਵੀ (ਪੈਗ਼ੰਬਰਾਂ ਨੂੰ) ਝੁਠਲਾਇਆ ਸੀ। ਹਰ ਉੱਮਤ ਨੇ ਆਪਣੇ ਰਸੂਲ ਨੂੰ ਗ੍ਰਿਫ਼ਤਾਰ ਕਰਨ ਦਾ ਇਰਾਦਾ ਕੀਤਾ ਅਤੇ ਉਹਨਾਂ ਨਾਲ ਅਣਹੋਂਦਾ ਝਗੜਾ ਕੀਤਾ ਤਾਂ ਜੋ ਹੱਕ ਨੂੰ (ਝੂਠ ਰਾਹੀਂ) ਨੀਵਾਂ ਵਿਖਾਇਆ ਜਾਵੇ। ਫੇਰ ਮੈਂਨੇ (ਭਾਵ ਅੱਲਾਹ ਨੇ ਇਕ ਦਿਨ) ਉਹਨਾਂ ਨੂੰ ਨੱਪ ਲਿਆ। ਸੋ ਵੇਖੋ। ਮੇਰੇ ਵੱਲੋਂ ਉਹਨਾਂ ਨੂੰ ਕਿਹੋ ਜਿਹੀ ਸਜ਼ਾ ਦਿੱਤੀ ਗਈ।

سُوْرَةُ الْمُؤْمِن

بِسْمِ اللّٰهِ الرَّحْمٰنِ الرَّحِيْمِ

حٰمٓ ۚ ١

تَنْزِيْلُ الْكِتٰبِ مِنَ اللّٰهِ الْعَزِيْزِ الْعَلِيْمِ ۙ ٢

غَافِرِ الذَّنْۢبِ وَقَابِلِ التَّوْبِ شَدِيْدِ الْعِقَابِ
ذِي الطَّوْلِ ۭ لَآ اِلٰهَ اِلَّا هُوَ ۭ اِلَيْهِ الْمَصِيْرُ ٣

مَا يُجَادِلُ فِيْٓ اٰيٰتِ اللّٰهِ اِلَّا الَّذِيْنَ كَفَرُوْا فَلَا
يَغْرُرْكَ تَقَلُّبُهُمْ فِي الْبِلَادِ ٤

كَذَّبَتْ قَبْلَهُمْ قَوْمُ نُوْحٍ وَّالْاَحْزَابُ مِنْۢ بَعْدِهِمْ ۠
وَهَمَّتْ كُلُّ اُمَّةٍۢ بِرَسُوْلِهِمْ لِيَاْخُذُوْهُ وَجٰدَلُوْا
بِالْبَاطِلِ لِيُدْحِضُوْا بِهِ الْحَقَّ فَاَخَذْتُهُمْ ۣ فَكَيْفَ
كَانَ عِقَابِ ٥

6. ਇਸੇ ਤਰ੍ਹਾਂ ਉਹਨਾਂ ਲੋਕਾਂ ਉੱਤੇ ਤੁਹਾਡੇ ਰੱਬ ਦਾ ਹੁਕਮ ਢੁਕਵਾਂ ਸਿੱਧ ਹੋਇਆ, ਜਿਨ੍ਹਾਂ ਨੇ (ਰਸੂਲਾਂ ਦਾ) ਇਨਕਾਰ ਕੀਤਾ ਸੀ। ਨਿਰਸੰਦੇਹ, ਉਹ ਸਭ ਨਰਕੀ ਹਨ।

وَكَذَٰلِكَ حَقَّتْ كَلِمَتُ رَبِّكَ عَلَى الَّذِينَ كَفَرُوا أَنَّهُمْ
أَصْحَابُ النَّارِ ﴿٦﴾

7. ਜਿਹੜੇ ਫ਼ਰਿਸ਼ਤਿਆਂ ਨੇ ਰੱਬ ਦੇ ਅਰਸ਼ (ਸਿੰਘਾਸਨ) ਨੂੰ ਚੁੱਕਿਆ ਹੋਇਆ ਹੈ ਅਤੇ ਉਹ ਜਿਹੜੇ ਉਸ ਦੇ ਆਲੇ-ਦੁਆਲੇ (ਸੇਵਾ ਲਈ) ਰਹਿੰਦੇ ਹਨ, ਉਹ ਆਪਣੇ ਰੱਬ ਦੀ ਸ਼ਲਾਘਾ ਦੇ ਨਾਲੋ-ਨਾਲ ਉਸਦੀ ਪਾਕੀ ਬਿਆਨ ਕਰਦੇ ਹਨ ਅਤੇ ਉਸ 'ਤੇ ਈਮਾਨ ਰੱਖਦੇ ਹਨ ਅਤੇ ਈਮਾਨ ਵਾਲਿਆਂ ਲਈ ਬਖ਼ਸ਼ਿਸ਼ ਦੀਆਂ ਦੁਆਵਾਂ ਕਰਦੇ ਹਨ। ਉਹ ਆਖਦੇ ਹਨ ਕਿ ਹੇ ਸਾਡੇ ਪਾਲਣਹਾਰ। ਤੂੰ ਆਪਣੀ ਮਿਹਰ ਤੇ ਗਿਆਨ ਸਦਕਾ ਹਰ ਚੀਜ਼ 'ਤੇ ਛਾਇਆ ਹੋਇਆ ਹੈਂ। ਸੋ ਤੂੰ ਉਹਨਾਂ ਲੋਕਾਂ ਨੂੰ ਬਖ਼ਸ਼ ਦੇ ਜਿਹੜੇ ਤੌਬਾ ਕਰਦੇ ਹਨ ਅਤੇ (ਤੇਰੇ ਵੱਲ ਆਉਣ ਵਾਲੇ) ਰਾਹ 'ਤੇ ਚਲਦੇ ਹਨ, ਤੂੰ ਉਹਨਾਂ ਨੂੰ ਨਰਕ ਦੇ ਅਜ਼ਾਬ ਤੋਂ ਬਚਾ ਲੈ।

الَّذِينَ يَحْمِلُونَ الْعَرْشَ وَمَنْ حَوْلَهُ يُسَبِّحُونَ
بِحَمْدِ رَبِّهِمْ وَيُؤْمِنُونَ بِهِ وَيَسْتَغْفِرُونَ لِلَّذِينَ
آمَنُوا رَبَّنَا وَسِعْتَ كُلَّ شَيْءٍ رَحْمَةً وَعِلْمًا فَاغْفِرْ
لِلَّذِينَ تَابُوا وَاتَّبَعُوا سَبِيلَكَ وَقِهِمْ عَذَابَ
الْجَحِيمِ ﴿٧﴾

8. (ਫ਼ਰਿਸ਼ਤੇ ਅਰਦਾਸ ਕਰਦੇ ਹਨ) ਹੇ ਸਾਡੇ ਰੱਬਾ! ਤੂੰ ਉਹਨਾਂ (ਈਮਾਨ ਵਾਲਿਆਂ) ਨੂੰ ਸਦੀਵੀ ਬਾਗ਼ਾਂ ਵਿਚ ਦਾਖ਼ਲ ਕਰ ਜਿਸ ਦਾ ਤੂੰ ਉਹਨਾਂ ਨੂੰ ਵਚਨ ਦਿੱਤਾ ਹੋਇਆ ਹੈ ਅਤੇ ਉਹਨਾਂ ਦੇ ਪਿਓ, ਦਾਦੇ, ਪਤਨੀਆਂ ਅਤੇ ਔਲਾਦਾਂ ਵਿੱਚੋਂ ਵੀ ਜਿਹੜੇ ਨੇਕ ਅਮਲ ਕਰਦੇ ਹਨ (ਸਵਰਗ ਵਿਚ ਲੈ ਜਾ)। ਬੇਸ਼ੱਕ ਤੂੰ ਹੀ ਜ਼ੋਰਾਵਰ ਤੇ ਹਿਕਮਤ ਵਾਲਾ ਹੈਂ।

رَبَّنَا وَأَدْخِلْهُمْ جَنَّاتِ عَدْنٍ الَّتِي وَعَدْتَهُمْ وَمَنْ
صَلَحَ مِنْ آبَائِهِمْ وَأَزْوَاجِهِمْ وَذُرِّيَّاتِهِمْ إِنَّكَ
أَنْتَ الْعَزِيزُ الْحَكِيمُ ﴿٨﴾

9. (ਇਹ ਵੀ ਬੇਨਤੀ ਹੈ ਕਿ) ਇਹਨਾਂ (ਈਮਾਨ ਵਾਲਿਆਂ) ਨੂੰ ਬੁਰਾਈਆਂ ਤੋਂ ਬਚਾ ਕੇ ਰੱਖ, ਸੱਚੀ ਗੱਲ ਤਾਂ ਇਹ ਹੈ ਕਿ ਉਸ ਦਿਨ (ਕਿਆਮਤ ਵੇਲੇ) ਤੈਨੇ ਜਿਸ ਨੂੰ ਬੁਰਾਈਆਂ (ਦੀ ਸਜ਼ਾ) ਤੋਂ ਬਚਾ

وَقِهِمُ السَّيِّئَاتِ وَمَنْ تَقِ السَّيِّئَاتِ يَوْمَئِذٍ فَقَدْ
رَحِمْتَهُ وَذَٰلِكَ هُوَ الْفَوْزُ الْعَظِيمُ ﴿٩﴾

ਲਿਆ ਹਕੀਕਤ ਵਿਚ ਤੈਨੇ ਉਸ ਉੱਤੇ ਰਹਿਮ ਕੀਤਾ, ਇਹੋ ਵੱਡੀ ਕਾਮਯਾਬੀ ਹੈ।

10. ਬੇਸ਼ੱਕ ਜਿਨ੍ਹਾਂ ਲੋਕਾਂ ਨੇ ਕੁਫ਼ਰ ਕੀਤਾ ਸੀ ਉਹਨਾਂ ਨੂੰ ਪੁਕਾਰ ਕੇ ਆਖਿਆ ਜਾਵੇਗਾ ਕਿ ਅੱਜ ਤੁਹਾਨੂੰ ਜਿੰਨਾ ਭਾਰਾ ਗੁੱਸਾ ਆਪਣੇ ਆਪ 'ਤੇ ਆ ਰਿਹਾ ਹੈ ਇਸ ਤੋਂ ਕਿਤੇ ਵੱਧ ਅੱਲਾਹ ਨੂੰ ਤੁਹਾਡੇ 'ਤੇ ਗੁੱਸਾ ਉਸ ਸਮੇਂ ਆਉਂਦਾ ਸੀ ਜਦੋਂ (ਸੰਸਾਰ ਵਿਚ) ਤੁਹਾਨੂੰ ਈਮਾਨ ਲਿਆਉਣ ਲਈ ਕਿਹਾ ਜਾਂਦਾ ਸੀ ਪਰ ਤੁਸੀਂ ਇਨਕਾਰ ਕਰ ਦਿੰਦੇ ਸੀ।

إِنَّ الَّذِينَ كَفَرُوا يُنَادَوْنَ لَمَقْتُ اللَّهِ أَكْبَرُ
مِن مَّقْتِكُمْ أَنفُسَكُمْ إِذْ تُدْعَوْنَ إِلَى الْإِيمَانِ
فَتَكْفُرُونَ ﴿١٠﴾

11. ਫੇਰ ਉਹ (ਕਾਫ਼ਿਰ) ਆਖਣਗੇ ਕਿ ਹੇ ਸਾਡੇ ਪਾਲਣਹਾਰ! ਤੂੰ ਸਾਨੂੰ ਦੋ ਵਾਰੀ ਮੌਤ ਦਿੱਤੀ ਅਤੇ ਦੋ ਵਾਰੀ ਹੀ ਜੀਵਨ ਦਿੱਤਾ, ਅਸੀਂ ਆਪਣੇ ਗੁਨਾਹਾਂ ਦਾ ਇਕਰਾਰ ਕਰਦੇ ਹਾਂ, ਕੀ ਹੁਣ ਇਸ (ਨਰਕ ਵਿੱਚੋਂ) ਬਚਣ ਦਾ ਕੋਈ ਰਸਤਾ ਹੈ?

قَالُوا رَبَّنَا أَمَتَّنَا اثْنَتَيْنِ وَأَحْيَيْتَنَا اثْنَتَيْنِ
فَاعْتَرَفْنَا بِذُنُوبِنَا فَهَلْ إِلَىٰ خُرُوجٍ مِّن
سَبِيلٍ ﴿١١﴾

12. (ਉੱਤਰ ਵਿਚ ਕਿਹਾ ਜਾਵੇਗਾ ਕਿ) ਤੁਹਾਨੂੰ ਇਹ ਅਜ਼ਾਬ (ਸਜ਼ਾ) ਇਸ ਲਈ ਹੈ ਕਿ ਜਦੋਂ ਤੁਹਾਨੂੰ ਇੱਕੋ ਇੱਕ ਅੱਲਾਹ ਵੱਲ ਬੁਲਾਇਆ ਜਾਂਦਾ ਸੀ ਤਾਂ ਤੁਸੀਂ (ਤੌਹੀਦ ਦਾ) ਇਨਕਾਰ ਕਰਦੇ ਸੀ। ਜੇ ਉਸ (ਅੱਲਾਹ) ਦੇ ਨਾਲ ਕਿਸੇ ਨੂੰ ਸ਼ਰੀਕ ਕੀਤਾ ਜਾਂਦਾ ਤਾਂ ਤੁਸੀਂ (ਉਸ ਸ਼ਰੀਕ) ਨੂੰ ਮੰਨ ਲੈਂਦੇ ਸੀ। ਹੁਣ ਤਾਂ ਇਹ (ਸਜ਼ਾ ਦਾ) ਹੁਕਮ ਉਸ ਅੱਲਾਹ ਵੱਲੋਂ ਹੈ ਜੋ ਸਰਵਉੱਚ ਤੇ ਮਹਾਨ ਹੈ।

ذَٰلِكُم بِأَنَّهُ إِذَا دُعِيَ اللَّهُ وَحْدَهُ كَفَرْتُمْ وَإِن يُشْرَكْ
بِهِ تُؤْمِنُوا فَالْحُكْمُ لِلَّهِ الْعَلِيِّ الْكَبِيرِ ﴿١٢﴾

13. ਉਹੀਓ ਤਾਂ (ਅੱਲਾਹ) ਹੈ ਜਿਹੜਾ ਤੁਹਾਨੂੰ ਆਪਣੀਆਂ ਨਿਸ਼ਾਨੀਆਂ ਵਿਖਾਉਂਦਾ ਹੈ ਅਤੇ ਤੁਹਾਡੇ ਲਈ ਅਕਾਸ਼ ਤੋਂ ਰਿਜ਼ਕ ਭੇਜਦਾ ਹੈ, ਪਰ ਇਹਨਾਂ (ਨਿਸ਼ਾਨੀਆਂ) ਤੋਂ ਸਿੱਖਿਆ ਕੇਵਲ ਉਹੀਓ ਵਿਅਕਤੀ ਲੈਂਦਾ ਹੈ ਜਿਹੜਾ (ਅੱਲਾਹ ਵੱਲ) ਮੁੜ ਆਉਂਦਾ ਹੈ।

هُوَ الَّذِي يُرِيكُمْ آيَاتِهِ وَيُنَزِّلُ لَكُم مِّنَ السَّمَاءِ
رِزْقًا وَمَا يَتَذَكَّرُ إِلَّا مَن يُنِيبُ ﴿١٣﴾

14. ਸੋ (ਹੇ ਨਬੀ!) ਤੁਸੀਂ ਅੱਲਾਹ ਲਈ ਆਪਣੀ ਬੰਦਗੀ ਨੂੰ ਵਿਸ਼ੇਸ਼ ਕਰਦੇ ਹੋਏ ਉਸੇ ਨੂੰ ਹੀ (ਮਦਦ ਲਈ) ਪੁਕਾਰੋ ਭਾਵੇਂ ਕਾਫ਼ਿਰਾਂ ਨੂੰ ਕਿੰਨਾ ਹੀ ਭੈੜਾ [redacted]

فَادْعُوا اللَّهَ مُخْلِصِينَ لَهُ الدِّينَ وَلَوْ كَرِهَ الْكَافِرُونَ ﴿١٤﴾

15. ਉਹ (ਅੱਲਾਹ) ਉੱਚੇ ਦਰਜਿਆਂ ਵਾਲਾ ਅਤੇ ਅਰਸ਼ (ਤਖ਼ਤ) ਦਾ ਮਾਲਿਕ ਹੈ। ਉਹ ਆਪਣੇ ਬੰਦਿਆਂ ਵਿੱਚੋਂ ਜਿਸ 'ਤੇ ਚਾਹੁੰਦਾ ਹੈ ਆਪਣੇ ਹੁਕਮ ਨਾਲ ਵਹੀ ਭੇਜਦਾ ਹੈ ਤਾਂ ਜੋ ਉਹ (ਨਬੀ) ਲੋਕਾਂ ਨੂੰ ਮਿਲਣੀ ਵਾਲੇ ਦਿਨ (ਕਿਆਮਤ) ਤੋਂ ਡਰਾਵੇ।

رَفِيعُ الدَّرَجَاتِ ذُو الْعَرْشِ يُلْقِي الرُّوحَ مِنْ أَمْرِهِ عَلَىٰ مَنْ يَشَاءُ مِنْ عِبَادِهِ لِيُنْذِرَ يَوْمَ التَّلَاقِ ﴿١٥﴾

16. ਜਿਸ ਦਿਨ ਉਹ ਸਾਰੇ ਕਬਰਾਂ ਵਿੱਚੋਂ ਬਾਹਰ ਨਿਕਲ ਆਉਣਗੇ ਅਤੇ ਉਹਨਾਂ ਦੀ ਕੋਈ ਵੀ ਗੱਲ ਅੱਲਾਹ ਤੋਂ ਲੁਕੀ ਹੋਈ ਨਹੀਂ ਰਹੇਗੀ (ਉਸ ਦਿਨ ਉਹਨਾਂ ਤੋਂ ਪੁੱਛਿਆ ਜਾਵੇਗਾ ਕਿ) ਅੱਜ ਪਾਤਸ਼ਾਹੀ ਕਿਸ ਦੀ ਹੈ? (ਉੱਤਰ ਦਿੱਤਾ ਜਾਵੇਗਾ) ਕੇਵਲ ਇੱਕੋ ਇਕ ਸਰਬ-ਸ਼ਕਤੀਮਾਨ ਅੱਲਾਹ ਦੀ ਹੀ ਹੈ।

يَوْمَ هُمْ بَارِزُونَ ۖ لَا يَخْفَىٰ عَلَى اللَّهِ مِنْهُمْ شَيْءٌ ۚ لِمَنِ الْمُلْكُ الْيَوْمَ ۖ لِلَّهِ الْوَاحِدِ الْقَهَّارِ ﴿١٦﴾

17. ਅੱਜ ਹਰ ਇਕ ਜਾਨ ਨੂੰ ਉਸ ਦੀ ਕਰਨੀ ਦਾ ਬਦਲਾ ਦਿੱਤਾ ਜਾਵੇਗਾ, ਅੱਜ ਕਿਸੇ 'ਤੇ ਕੋਈ ਜ਼ੁਲਮ ਨਹੀਂ ਹੋਵੇਗਾ। ਬੇਸ਼ੱਕ ਅੱਲਾਹ ਛੇਤੀ ਹੀ ਹਿਸਾਬ ਲੈਣ ਵਾਲਾ ਹੈ।

الْيَوْمَ تُجْزَىٰ كُلُّ نَفْسٍ بِمَا كَسَبَتْ ۚ لَا ظُلْمَ الْيَوْمَ ۚ إِنَّ اللَّهَ سَرِيعُ الْحِسَابِ ﴿١٧﴾

18. (ਹੇ ਨਬੀ!) ਤੁਸੀਂ ਇਹਨਾਂ (ਲੋਕਾਂ) ਨੂੰ ਨੇੜੇ ਆਉਣ ਵਾਲੇ ਦਿਨ ਤੋਂ ਡਰਾਓ ਜਦੋਂ ਕਾਲਜੇ ਮੂੰਹ ਨੂੰ ਆ ਰਹੇ ਹੋਣਗੇ। ਉਸ ਦਿਨ ਜ਼ਾਲਮਾਂ ਦਾ ਨਾ ਕੋਈ ਸਹਾਈ ਹੋਵੇਗਾ ਤੇ ਨਾ ਕੋਈ ਸਿਫ਼ਾਰਸ਼ੀ ਹੋਵੇਗਾ ਕਿ ਜਿਸ ਦੀ ਗੱਲ ਮੰਨੀ ਜਾਵੇ।

وَأَنْذِرْهُمْ يَوْمَ الْآزِفَةِ إِذِ الْقُلُوبُ لَدَى الْحَنَاجِرِ كَاظِمِينَ ۚ مَا لِلظَّالِمِينَ مِنْ حَمِيمٍ وَلَا شَفِيعٍ يُطَاعُ ﴿١٨﴾

19. ਉਹ (ਅੱਲਾਹ) ਚੋਰੀ ਚੋਰੀ ਵੇਖਣ ਵਾਲੀਆਂ ਨਜ਼ਰਾਂ ਨੂੰ ਅਤੇ ਦਿਲਾਂ ਵਿਚ ਲੁਕੀਆਂ ਹੋਈਆਂ ਗੱਲਾਂ ਨੂੰ ਜਾਣਦਾ ਹੈ।

يَعْلَمُ خَائِنَةَ الْأَعْيُنِ وَمَا تُخْفِي الصُّدُورُ ﴿١٩﴾

20. ਅੱਲਾਹ ਹੱਕ ਅਨੁਸਾਰ ਨਿਆਂ ਕਰੇਗਾ ਅਤੇ ਜਿਨ੍ਹਾਂ ਨੂੰ ਉਹ (ਕਾਫ਼ਿਰ) ਲੋਕ ਉਸ (ਅੱਲਾਹ) ਨੂੰ ਛੱਡ ਕੇ ਪੁਕਾਰਦੇ ਹਨ, ਉਹ ਕੋਈ ਵੀ ਫ਼ੈਸਲਾ ਨਹੀਂ ਕਰ ਸਕਦੇ। ਬੇਸ਼ੱਕ ਅੱਲਾਹ ਹੀ (ਹਰੇਕ ਗੱਲ ਨੂੰ) ਸੁਣਨ ਵਾਲਾ ਤੇ (ਹਰੇਕ ਚੀਜ਼ ਨੂੰ) ਵੇਖਣ ਵਾਲਾ ਹੈ।

وَاللَّهُ يَقْضِي بِالْحَقِّ ۖ وَالَّذِينَ يَدْعُونَ مِن دُونِهِ لَا يَقْضُونَ بِشَيْءٍ ۗ إِنَّ اللَّهَ هُوَ السَّمِيعُ الْبَصِيرُ 20

21 ਕੀ ਉਹ (ਇਨਕਾਰੀ) ਲੋਕ ਧਰਤੀ 'ਤੇ ਤੁਰੇ ਫਿਰੇ ਨਹੀਂ ਕਿ ਉਹ ਵੇਖ ਲੈਂਦੇ ਕਿ ਉਹਨਾਂ ਤੋਂ ਪਹਿਲੇ ਇਨਕਾਰੀਆਂ ਦਾ ਅੰਤ ਕਿਵੇਂ ਹੋਇਆ ਸੀ। ਉਹ ਸ਼ਕਤੀ ਵਿਚ ਵੀ ਅਤੇ ਧਰਤੀ ਉੱਤੇ ਆਪਣੀਆਂ ਨਿਸ਼ਾਨੀਆਂ ਛੱਡਣ ਵਿਚ ਵੀ ਇਹਨਾਂ ਨਾਲੋਂ ਕਿਤੇ ਵਾਧੂ ਸਨ। ਫੇਰ ਅੱਲਾਹ ਨੇ ਉਹਨਾਂ ਨੂੰ ਉਹਨਾਂ ਦੇ ਪਾਪਾਂ ਕਾਰਨ ਨੱਪ ਲਿਆ ਅਤੇ ਉਹਨਾਂ ਨੂੰ ਅੱਲਾਹ ਦੇ ਅਜ਼ਾਬ ਤੋਂ ਬਚਾਉਣ ਵਾਲਾ ਕੋਈ ਨਹੀਂ ਸੀ।

أَوَلَمْ يَسِيرُوا فِي الْأَرْضِ فَيَنظُرُوا كَيْفَ كَانَ عَاقِبَةُ الَّذِينَ كَانُوا مِن قَبْلِهِمْ ۚ كَانُوا هُمْ أَشَدَّ مِنْهُمْ قُوَّةً وَآثَارًا فِي الْأَرْضِ فَأَخَذَهُمُ اللَّهُ بِذُنُوبِهِمْ وَمَا كَانَ لَهُم مِّنَ اللَّهِ مِن وَاقٍ 21

22 ਇਹ (ਸਜ਼ਾ) ਉਹਨਾਂ ਨੂੰ ਇਸ ਕਾਰਨ ਹੋਈ ਸੀ ਕਿ ਉਹਨਾਂ ਦੇ ਰਸੂਲ ਉਹਨਾਂ ਕੋਲ ਸਪਸ਼ਟ ਤੇ ਪ੍ਰਤੱਖ ਨਿਸ਼ਾਨੀਆਂ ਲੈਕੇ ਆਏ ਸਨ, ਪਰ ਉਹਨਾਂ ਨੇ ਸਵੀਕਾਰ ਨਹੀਂ ਕੀਤਾ, ਅੰਤ ਅੱਲਾਹ ਨੇ ਉਹਨਾਂ ਨੂੰ ਨੱਪ ਲਿਆ। ਬੇਸ਼ੱਕ ਉਹੀਓ ਸ਼ਕਤੀਸ਼ਾਲੀ ਅਤੇ ਕਰੜਾ ਅਜ਼ਾਬ ਦੇਣ ਵਾਲਾ ਹੈ।

ذَٰلِكَ بِأَنَّهُمْ كَانَت تَّأْتِيهِمْ رُسُلُهُم بِالْبَيِّنَاتِ فَكَفَرُوا فَأَخَذَهُمُ اللَّهُ ۚ إِنَّهُ قَوِيٌّ شَدِيدُ الْعِقَابِ 22

23 ਅਸੀਂ ਮੂਸਾ ਨੂੰ ਆਪਣੇ ਵੱਲੋਂ (ਨਬੀ ਹੋਣ ਦੀਆਂ) ਨਿਸ਼ਾਨੀਆਂ ਅਤੇ ਖੁੱਲ੍ਹੀਆਂ ਦਲੀਲਾਂ ਦੇਕੇ ਭੇਜਿਆ।

وَلَقَدْ أَرْسَلْنَا مُوسَىٰ بِآيَاتِنَا وَسُلْطَانٍ مُّبِينٍ 23

24 (ਜਦੋਂ ਮੂਸਾ) ਫ਼ਿਰਔਨ, ਹਾਮਾਨ ਅਤੇ ਕਾਰੂਨ ਵੱਲ ਆਇਆ ਤਾਂ ਉਹਨਾਂ ਨੇ ਆਖਿਆ ਕਿ (ਉਹ ਮੂਸਾ ਤਾਂ) ਜਾਦੂਗਰ ਅਤੇ ਝੂਠਾ ਹੈ।

إِلَىٰ فِرْعَوْنَ وَهَامَانَ وَقَارُونَ فَقَالُوا سَاحِرٌ كَذَّابٌ 24

25 ਫੇਰ ਜਦੋਂ ਉਹ (ਮੂਸਾ) ਸਾਡੇ ਵੱਲੋਂ (ਭਾਵ ਅੱਲਾਹ ਵੱਲੋਂ) ਉਹਨਾਂ ਕੋਲ ਹੱਕ (ਸੱਚਾਦੀਨ) ਲੈ ਕੇ ਆਇਆ ਤਾਂ ਉਹਨਾਂ ਨੇ ਆਖਿਆ ਕਿ ਜਿਹੜੇ ਵੀ ਇਸ (ਮੂਸਾ) ਦੇ ਨਾਲ ਈਮਾਨ ਲਿਆਏ ਹਨ

فَلَمَّا جَاءَهُم بِالْحَقِّ مِنْ عِندِنَا قَالُوا اقْتُلُوا أَبْنَاءَ الَّذِينَ آمَنُوا مَعَهُ وَاسْتَحْيُوا نِسَاءَهُمْ ۚ وَمَا كَيْدُ الْكَافِرِينَ إِلَّا فِي ضَلَالٍ 25

ਉਹਨਾਂ ਦੇ ਪੁੱਤਰਾਂ ਨੂੰ ਮਾਰ ਦਿਓ ਅਤੇ ਧੀਆਂ ਨੂੰ ਜਿਉਂਦੀਆਂ ਰੱਖੋ। ਪਰ ਇਨਕਾਰੀਆਂ ਦੀ ਇਹ ਚਾਲ ਤਾਂ ਉੱਕਾ ਹੀ ਅਸਫ਼ਲ ਰਹੀ।

26 ਫ਼ਿਰਔਨ ਨੇ ਆਪਣੇ ਸਾਥੀਆਂ ਨੂੰ ਆਖਿਆ ਕਿ ਮੈਨੂੰ ਛੱਡ ਦਿਓ ਕਿ ਮੈਂ ਮੂਸਾ ਨੂੰ ਕਤਲ ਕਰ ਦੇਵਾਂ। ਇਸ (ਮੂਸਾ) ਨੂੰ ਚਾਹੀਦਾ ਹੈ ਕਿ ਆਪਣੇ ਰੱਬ ਨੂੰ (ਮਦਦ ਲਈ) ਬੁਲਾ ਲਵੇ। ਮੈਨੂੰ ਤਾਂ ਇਹ ਵੀ ਡਰ ਹੈ ਕਿ ਇਹ ਤੁਹਾਡਾ ਧਰਮ ਹੀ ਨਾ ਬਦਲ ਦੇਵੇ ਜਾਂ ਦੇਸ਼ ਵਿਚ ਕੋਈ ਫ਼ਸਾਦ ਹੀ ਨਾ ਕਰਾ ਦੇਵੇ।

وَقَالَ فِرْعَوْنُ ذَرُوْنِيْٓ اَقْتُلْ مُوْسٰى وَلْيَدْعُ رَبَّهٗ ۚ اِنِّيْٓ اَخَافُ اَنْ يُّبَدِّلَ دِيْنَكُمْ اَوْ اَنْ يُّظْهِرَ فِى الْاَرْضِ الْفَسَادَ ٢٦

27 ਮੂਸਾ ਨੇ ਕਿਹਾ ਕਿ ਮੈਂ ਹਰੇਕ ਉਸ ਹੰਕਾਰੇ ਹੋਏ ਤੋਂ ਤੁਹਾਡੇ ਰੱਬ ਦੀ ਸ਼ਰਨ ਵਿਚ ਆਉਂਦਾ ਹਾਂ, ਜਿਹੜਾ ਪੁੱਛ-ਗਿੱਛ ਵਾਲੇ ਦਿਨ (ਕਿਆਮਤ) ਤੇ ਈਮਾਨ ਨਹੀਂ ਰੱਖਦਾ।

وَقَالَ مُوْسٰٓى اِنِّيْ عُذْتُ بِرَبِّيْ وَرَبِّكُمْ مِّنْ كُلِّ مُتَكَبِّرٍ لَّا يُؤْمِنُ بِيَوْمِ الْحِسَابِ ٢٧

28. ਫ਼ਿਰਔਨ ਦੇ ਪਰਿਵਾਰ ਵਿੱਚੋਂ ਇਕ ਮੋਮਿਨ ਪੁਰਸ਼, ਜਿਸ ਨੇ ਆਪਣੇ ਈਮਾਨ ਨੂੰ ਲੁਕਾਇਆ ਹੋਇਆ ਸੀ, ਆਖਣ ਲੱਗਿਆ, ਕੀ ਤੁਸੀਂ ਇਸ ਵਿਅਕਤੀ ਨੂੰ ਕੇਵਲ ਇਸ ਲਈ ਕਤਲ ਕਰਦੇ ਹੋ ਕਿ ਉਹ ਕਹਿੰਦਾ ਹੈ ਕਿ ਮੇਰਾ ਰੱਬ ਅੱਲਾਹ ਹੈ ਅਤੇ ਤੁਹਾਡੇ ਕੋਲ ਤੁਹਾਡੇ ਰੱਬ ਵੱਲੋਂ (ਨਬੀ ਹੋਣ ਦੀਆਂ) ਖੁੱਲ੍ਹੀਆਂ ਦਲੀਲਾਂ ਲੈ ਕੇ ਆਇਆ ਹੈ? ਜੇ ਉਹ ਝੂਠਾ ਹੈ ਤਾਂ ਉਸ ਦਾ ਝੂਠ ਆਪ ਉਸੇ 'ਤੇ ਆ ਪਏਗਾ ਹੈ ਅਤੇ ਜੇ ਉਹ ਸੱਚਾ ਹੈ ਤਾਂ (ਅਜ਼ਾਬ) ਦਾ ਕੁੱਝ ਹਿਸਾ ਤੁਹਾਨੂੰ ਵੀ ਮਿਲੇਗਾ ਜਿਸ ਦਾ ਉਹ ਤੁਹਾਨੂੰ ਵਾਅਦਾ ਕਰਦਾ ਹੈ। ਬੇਸ਼ੱਕ ਅੱਲਾਹ ਉਸ ਵਿਅਕਤੀ ਨੂੰ ਸਿੱਧੀ ਰਾਹ ਨਹੀਂ ਵਿਖਾਉਂਦਾ ਜਿਹੜਾ (ਨਾ-ਫ਼ਰਮਾਨੀ ਵਿਚ) ਹੱਦੋਂ ਟੱਪਣ ਵਾਲਾ ਹੋਵੇ ਅਤੇ (ਨਾਲ ਹੀ) ਝੂਠਾ ਵੀ ਹੋਵੇ

وَقَالَ رَجُلٌ مُّؤْمِنٌ ۖ مِّنْ اٰلِ فِرْعَوْنَ يَكْتُمُ اِيْمَانَهٗٓ اَتَقْتُلُوْنَ رَجُلًا اَنْ يَّقُوْلَ رَبِّيَ اللّٰهُ وَقَدْ جَآءَكُمْ بِالْبَيِّنٰتِ مِنْ رَّبِّكُمْ ۭ وَاِنْ يَّكُ كَاذِبًا فَعَلَيْهِ كَذِبُهٗ ۚ وَاِنْ يَّكُ صَادِقًا يُّصِبْكُمْ بَعْضُ الَّذِيْ يَعِدُكُمْ ۭ اِنَّ اللّٰهَ لَا يَهْدِيْ مَنْ هُوَ مُسْرِفٌ كَذَّابٌ ٢٨

29 (ਉਸੇ ਵਿਅਕਤੀ ਨੇ ਆਖਿਆ) ਹੇ ਮੇਰੀ ਕੌਮ। ਅੱਜ ਰਾਜ ਤੁਹਾਡਾ ਹੀ ਹੈ ਕਿਉਂ ਜੋ ਧਰਤੀ 'ਤੇ ਤੁਸੀਂ ਹੀ ਗ਼ਾਲਿਬ (ਭਾਰੂ) ਹੋ। ਫੇਰ ਸਾਨੂੰ ਅੱਲਾਹ ਦੇ ਅਜ਼ਾਬ ਤੋਂ ਕੌਣ ਬਚਾਵੇਗਾ ਜੇ ਉਹ ਸਾਡੇ 'ਤੇ ਆ ਡਿਗਿਆ? ਫ਼ਿਰਔਨ ਬੋਲਿਆ ਕਿ ਮੈਂ ਤਾਂ ਤੁਹਾਨੂੰ ਉਹੀਓ ਬਚਾਓ ਵਾਲਾ ਰਾਹ ਵਿਖਾਉਂਦਾ ਹਾਂ, ਜੋ ਮੈਂ ਆਪ ਵੇਖ ਰਿਹਾ ਹਾਂ ਮੈਂ ਤਾਂ ਭਲਾਈ ਵੱਲ ਹੀ ਤੁਹਾਡੀ ਅਗਵਾਈ ਕਰਦਾ ਹਾਂ।

يَا قَوْمِ لَكُمُ الْمُلْكُ الْيَوْمَ ظَاهِرِينَ فِي الْأَرْضِ
فَمَن يَنصُرُنَا مِن بَأْسِ اللَّهِ إِن جَاءَنَا ۚ قَالَ
فِرْعَوْنُ مَا أُرِيكُمْ إِلَّا مَا أَرَىٰ وَمَا أَهْدِيكُمْ إِلَّا
سَبِيلَ الرَّشَادِ 29

30 ਜਿਹੜਾ ਵਿਅਕਤੀ ਈਮਾਨ ਲਿਆਇਆ ਸੀ ਉਸ ਨੇ ਕਿਹਾ ਕਿ ਹੇ ਮੇਰੀ ਕੌਮ ਵਾਲਿਓ, ਮੈਨੂੰ ਤਾਂ ਇਸ ਗੱਲ ਦਾ ਡਰ ਹੈ ਕਿ ਤੁਹਾਡੇ 'ਤੇ ਉਹੀ ਦਿਨ (ਦਾ ਅਜ਼ਾਬ) ਨਾ ਆ ਜਾਵੇ ਜਿਹੜਾ (ਮਾੜਾ ਸਮਾਂ) ਹੋਰ ਉੱਮਤਾਂ ਉੱਤੇ (ਰਸੂਲਾਂ ਨੂੰ ਝੁਠਲਾਉਣ ਕਾਰਨ) ਆ ਚੁੱਕਿਆ ਹੈ।

وَقَالَ الَّذِي آمَنَ يَا قَوْمِ إِنِّي أَخَافُ عَلَيْكُم مِّثْلَ
يَوْمِ الْأَحْزَابِ 30

31. ਜਿਵੇਂ ਨੂਹ ਦੀ ਕੌਮ, ਆਦ, ਸਮੂਦ ਤੇ ਉਹਨਾਂ ਤੋਂ ਬਾਅਦ ਵਾਲੇ ਲੋਕਾਂ ਦਾ ਹਾਲ ਹੋਇਆ ਸੀ। ਅੱਲਾਹ ਆਪਣੇ ਬੰਦਿਆਂ ਉੱਤੇ ਕਿਸੇ ਪ੍ਰਕਾਰ ਦਾ ਜ਼ੁਲਮ ਨਹੀਂ ਕਰਨਾ ਚਾਹੁੰਦਾ।

مِثْلَ دَأْبِ قَوْمِ نُوحٍ وَعَادٍ وَثَمُودَ وَالَّذِينَ مِن
بَعْدِهِمْ ۚ وَمَا اللَّهُ يُرِيدُ ظُلْمًا لِّلْعِبَادِ (31)

32 ਅਤੇ ਕਿਹਾ ਕਿ ਹੇ ਮੇਰੀ ਕੌਮ ਵਾਲਿਓ। ਮੈਂ ਤੁਹਾਡੇ ਉੱਤੇ ਉਸ ਪੁਕਾਰਨ ਵਾਲੇ ਦਿਨ (ਕਿਆਮਤ) ਤੋਂ ਵੀ ਡਰਦਾ ਹਾਂ।

وَيَا قَوْمِ إِنِّي أَخَافُ عَلَيْكُمْ يَوْمَ التَّنَادِ (32)

33 ਜਿਸ ਦਿਨ ਤੁਸੀਂ ਪਿੱਠ ਵਿਖਾਕੇ ਭੱਜੋਗੇ ਫੇਰ ਤੁਹਾਨੂੰ ਅੱਲਾਹ (ਦੇ ਅਜ਼ਾਬ) ਤੋਂ ਬਚਾਉਣ ਵਾਲਾ ਕੋਈ ਨਹੀਂ ਹੋਵੇਗਾ ਅਤੇ (ਸੱਚੀ ਗੱਲ ਇਹ ਹੈ ਕਿ) ਜਿਸ ਨੂੰ ਅੱਲਾਹ ਹੀ ਗੁਮਰਾਹ ਕਰ ਦੇਵੇ ਉਸ ਨੂੰ ਕੋਈ ਵੀ ਹਿਦਾਇਤ ਦੇਣ ਵਾਲਾ ਨਹੀਂ।

يَوْمَ تُوَلُّونَ مُدْبِرِينَ مَا لَكُم مِّنَ اللَّهِ مِنْ عَاصِمٍ ۗ
وَمَن يُضْلِلِ اللَّهُ فَمَا لَهُ مِنْ هَادٍ 33

34. ਬੇਸ਼ੱਕ ਇਸ (ਮੂਸਾ) ਤੋਂ ਪਹਿਲਾਂ ਤੁਹਾਡੇ ਕੋਲ ਯੂਸੁਫ਼ ਵੀ (ਨਬੀ ਹੋਣ ਦੀਆਂ) ਦਲੀਲਾਂ ਲੈ ਕੇ ਆਇਆ ਸੀ, ਫੇਰ ਵੀ ਤੁਸੀਂ ਉਸ ਦੇ ਬਾਰੇ ਸ਼ੱਕ ਵਿਚ ਹੀ ਰਹੇ ਜੋ ਉਹ ਤੁਹਾਡੇ ਕੋਲ ਨਿਸ਼ਾਨੀਆਂ ਲਿਆਇਆ ਸੀ। ਇੱਥੋਂ ਤਕ ਕਿ ਜਦੋਂ ਉਹ (ਯੂਸੁਫ਼) ਦਾ ਅਕਾਲ ਚਲਾਣਾ ਹੋ ਗਿਆ ਤਾਂ ਤੁਸੀਂ ਆਖਿਆ ਸੀ ਕਿ ਇਹ ਤੋਂ ਮਗਰੋਂ ਅੱਲਾਹ ਹੁਣ ਕਿਸੇ ਰਸੂਲ ਨੂੰ ਨਹੀਂ ਭੇਜੇਗਾ। ਅੱਲਾਹ ਉਸ ਵਿਅਕਤੀ ਨੂੰ ਇਸੇ ਤਰ੍ਹਾਂ ਗੁਮਰਾਹ ਕਰਦਾ ਹੈ ਜਿਹੜਾ ਹੱਦੋਂ ਟੱਪਣ ਵਾਲਾ ਹੈ ਤੇ ਸ਼ੱਕੀ ਹੈ।

وَلَقَدْ جَآءَكُمْ يُوسُفُ مِن قَبْلُ بِالْبَيِّنٰتِ فَمَا زِلْتُمْ
فِي شَكٍّ مِّمَّا جَآءَكُم بِهِۦ ۖ حَتّٰىٓ إِذَا هَلَكَ قُلْتُمْ لَن
يَبْعَثَ اللّٰهُ مِنۢ بَعْدِهِۦ رَسُولًا ۚ كَذٰلِكَ يُضِلُّ اللّٰهُ
مَنْ هُوَ مُسْرِفٌ مُّرْتَابٌ ﴿34﴾

35 ਜਿਹੜੇ ਲੋਕ ਅੱਲਾਹ ਵੱਲੋਂ ਆਉਣ ਵਾਲੀਆਂ ਆਇਤਾਂ (ਨਿਸ਼ਾਨੀਆਂ) ਵਿਚ ਜਿਹੜੀਆਂ ਉਹਨਾਂ ਕੋਲ ਆਈਆਂ ਹਨ ਬਿਨਾਂ ਕਿਸੇ ਦਲੀਲ ਤੋਂ ਹੀ ਝਗੜਦੇ ਹਨ, ਉਹਨਾਂ ਦਾ ਇਹ ਵਤੀਰਾ ਅੱਲਾਹ ਅਤੇ ਈਮਾਨ ਵਾਲਿਆਂ ਦੀਆਂ ਨਜ਼ਰਾਂ ਵਿਚ ਗੁੱਸਾ ਚਾੜ੍ਹਨ ਵਾਲਾ ਹੈ। ਇਸੇ ਲਈ ਅੱਲਾਹ ਹਰ ਹੰਕਾਰੇ ਹੋਏ ਸਰਕਸ਼ (ਬਾਗ਼ੀ) ਦੇ ਦਿਲ ਉੱਤੇ ਠੱਪਾ ਲਾ ਦਿੰਦਾ ਹੈ (ਤਾਂ ਜੋ ਸਮਝ ਸੋਚ ਨਾ ਸਕੇ)।

الَّذِينَ يُجٰدِلُونَ فِيٓ ءَايٰتِ اللّٰهِ بِغَيْرِ سُلْطٰنٍ
أَتٰىهُمْ ۖ كَبُرَ مَقْتًا عِندَ اللّٰهِ وَعِندَ الَّذِينَ ءَامَنُوا ۚ
كَذٰلِكَ يَطْبَعُ اللّٰهُ عَلٰى كُلِّ قَلْبِ مُتَكَبِّرٍ جَبَّارٍ ﴿35﴾

36. ਫ਼ਿਰਔਨ ਨੇ ਕਿਹਾ ਕਿ ਹੇ ਹਾਮਾਨ! ਤੂੰ ਮੇਰੇ ਲਈ ਇਕ ਉੱਚਾ ਭਵਨ ਉਸਾਰ ਦੇ ਤਾਂ ਜੋ ਮੈਂ (ਉਸ ਉੱਤੇ ਚੜ੍ਹ ਕੇ) ਰਾਹਾਂ ਤੀਕ ਪਹੁੰਚ ਜਾਵਾਂ।

وَقَالَ فِرْعَوْنُ يٰهٰمٰنُ ابْنِ لِي صَرْحًا لَّعَلِّيٓ أَبْلُغُ
الْأَسْبٰبَ ﴿36﴾

37 ਅਕਾਸ਼ ਦੀਆਂ ਰਾਹਾਂ ਤੀਕ (ਪਹੁੰਚ ਜਾਵਾਂ), ਤਾਂ ਜੋ ਮੈਂ ਮੂਸਾ ਦੇ ਰੱਬ ਨੂੰ ਝਾਤ ਮਾਰ ਕੇ ਵੇਖ ਲਵਾਂ। ਬੇਸ਼ੱਕ ਮੈਂ ਤਾਂ ਉਸ ਨੂੰ ਝੂਠਾ ਸਮਝਦਾ ਹਾਂ, ਇਸ ਤਰ੍ਹਾਂ ਫ਼ਿਰਔਨ ਲਈ ਉਸ ਦੀਆਂ ਭੈੜੀਆਂ ਕਰਤੂਤਾਂ ਸ਼ੋਭਾਵਾਨ ਬਣਾ ਦਿੱਤੀਆਂ ਅਤੇ ਉਸ ਨੂੰ ਸਿੱਧੇ ਰਾਹੋਂ ਰੋਕ ਦਿੱਤਾ ਗਿਆ ਅਤੇ ਫ਼ਿਰਔਨ ਦੀ ਹਰੇਕ ਚਾਲ ਅਸਫਲ ਹੋ ਕੇ ਰਹਿ ਗਈ।

أَسْبٰبَ السَّمٰوٰتِ فَأَطَّلِعَ إِلٰىٓ إِلٰهِ مُوسٰى وَإِنِّي
لَأَظُنُّهُۥ كٰذِبًا ۚ وَكَذٰلِكَ زُيِّنَ لِفِرْعَوْنَ سُوٓءُ
عَمَلِهِۦ وَصُدَّ عَنِ السَّبِيلِ ۚ وَمَا كَيْدُ فِرْعَوْنَ
إِلَّا فِي تَبَابٍ ﴿37﴾

38. ਉਸੇ ਈਮਾਨ ਲਿਆਉਣ ਵਾਲੇ ਵਿਅਕਤੀ ਨੇ ਕਿਹਾ ਕਿ ਹੇ ਮੇਰੀ ਕੌਮ! ਤੁਸੀਂ ਸਾਰੇ ਮੇਰੇ ਪਿੱਛੇ ਲੱਗੋ, ਮੈਂ ਤੁਹਾਨੂੰ ਭਲਾਈ ਵਾਲੀ ਰਾਹ ਵੱਲ ਲੈ ਜਾਵਾਂਗਾ।

وَقَالَ الَّذِيٓ اٰمَنَ يٰقَوْمِ اتَّبِعُوْنِ اَهْدِكُمْ سَبِيْلَ الرَّشَادِ ۚ۝٣٨

39. ਹੇ ਮੇਰੀ ਕੌਮ ਵਾਲਿਓ! ਇਹ ਸੰਸਾਰਿਕ ਜੀਵਨ ਤਾਂ ਥੋੜ੍ਹੇ ਸਮੇਂ ਲਈ ਹੈ ਜਦ ਕਿ ਸਦਾ ਲਈ ਪਰਲੋਕ ਵਿਚ ਹੀ ਰਹਿਣਾ ਹੈ।

يٰقَوْمِ اِنَّمَا هٰذِهِ الْحَيٰوةُ الدُّنْيَا مَتَاعٌ ۡ وَّاِنَّ الْاٰخِرَةَ هِيَ دَارُ الْقَرَارِ ۝٣٩

40. ਜਿਸ ਨੇ ਵੀ ਕੋਈ ਪਾਪ ਕੀਤਾ ਤਾਂ ਉਸ ਪਾਪ ਅਨੁਸਾਰ ਹੀ ਉਸ ਨੂੰ ਬਦਲਾ (ਸਜ਼ਾ) ਦਿੱਤਾ ਜਾਵੇਗਾ ਅਤੇ ਜਿਸ ਨੇ ਕੋਈ ਨੇਕੀ ਕੀਤੀ ਹੋਵੇਗੀ ਭਾਵੇਂ ਉਹ ਮਰਦ ਹੋਵੇ ਭਾਵੇਂ ਔਰਤ, ਪਰ ਹੋਣ ਈਮਾਨ ਵਾਲੇ ਤਾਂ ਇਹੋ ਲੋਕ ਸਵਰਗ ਵਿਚ ਜਾਣਗੇ ਅਤੇ ਉਹਨਾਂ ਨੂੰ ਅਣਗਿਣਤ ਰਿਜ਼ਕ ਦਿੱਤਾ ਜਾਵੇਗਾ।

مَنْ عَمِلَ سَيِّئَةً فَلَا يُجْزٰٓى اِلَّا مِثْلَهَا ۚ وَمَنْ عَمِلَ صَالِحًا مِّنْ ذَكَرٍ اَوْ اُنْثٰى وَهُوَ مُؤْمِنٌ فَاُولٰٓئِكَ يَدْخُلُوْنَ الْجَنَّةَ يُرْزَقُوْنَ فِيْهَا بِغَيْرِ حِسَابٍ ۝٤٠

41. ਅਤੇ ਉਸ ਨੇ ਇਹ ਵੀ ਕਿਹਾ ਕਿ ਹੇ ਮੇਰੀ ਕੌਮ ਮੇਰਾ ਇਸ ਵਿਚ ਕੀ ਲਾਭ ਹੈ? ਮੈਂ ਤਾਂ ਤੁਹਾਨੂੰ ਨਰਕ ਤੋਂ ਮੁਕਤੀ ਵੱਲ ਬੁਲਾ ਰਿਹਾ ਹਾਂ ਜਦ ਕਿ ਤੁਸੀਂ ਮੈਨੂੰ ਅੱਗ ਵੱਲ ਬੁਲਾ ਰਹੇ ਹੋ।

وَيٰقَوْمِ مَا لِيْٓ اَدْعُوْكُمْ اِلَى النَّجٰوةِ وَتَدْعُوْنَنِيْٓ اِلَى النَّارِ ۗ۝٤١

42. ਤੁਸੀਂ ਮੈਨੂੰ ਇਸ ਵੱਲ ਬੁਲਾ ਰਹੇ ਹੋ ਕਿ ਮੈਂ ਅੱਲਾਹ ਦਾ ਇਨਕਾਰ ਕਰਾਂ ਅਤੇ ਉਸ ਦੇ ਨਾਲ ਉਸ ਨੂੰ ਸਾਂਝੀ ਬਣਾਵਾਂ ਜਿਸ ਨੂੰ ਮੈਂ ਜਾਣਦਾ ਵੀ ਨਹੀਂ ਅਤੇ ਮੈਂ ਤੁਹਾਨੂੰ ਵੱਡੇ ਜ਼ੋਰਾਵਰ ਤੇ ਬਖ਼ਸ਼ਣਹਾਰ (ਇਸ਼ਟ) ਵੱਲ ਬੁਲਾ ਰਿਹਾ ਹਾਂ।

تَدْعُوْنَنِيْ لِاَكْفُرَ بِاللّٰهِ وَاُشْرِكَ بِهٖ مَا لَيْسَ لِيْ بِهٖ عِلْمٌ ۡ وَّاَنَا اَدْعُوْكُمْ اِلَى الْعَزِيْزِ الْغَفَّارِ ۝٤٢

43. ਇਹ ਵੀ ਗੱਲ ਸੱਚ ਹੈ ਕਿ ਤੁਸੀਂ ਜਿਨ੍ਹਾਂ ਵੱਲ ਮੈਨੂੰ ਬੁਲਾ ਰਹੇ ਹੋ ਨਾ ਤਾਂ ਉਹ ਸੰਸਾਰ ਵਿਚ ਪੁਕਾਰਨ ਦੇ ਯੋਗ ਹਨ ਅਤੇ ਨਾ ਹੀ ਆਖ਼ਿਰਤ ਵਿਚ। ਇਹ ਗੱਲ ਵੀ ਲਾਜ਼ਮੀ ਹੈ ਕਿ ਸਾਡਾ ਸਭ ਦਾ ਪਰਤਣਾ ਅੱਲਾਹ ਵੱਲ ਹੀ ਹੈ ਅਤੇ ਨਿਰਸੰਦੇਹ, ਹੱਦਾਂ ਨੂੰ

لَا جَرَمَ اَنَّمَا تَدْعُوْنَنِيْٓ اِلَيْهِ لَيْسَ لَهٗ دَعْوَةٌ فِي الدُّنْيَا وَلَا فِي الْاٰخِرَةِ وَاَنَّ مَرَدَّنَآ اِلَى اللّٰهِ وَاَنَّ الْمُسْرِفِيْنَ هُمْ اَصْحٰبُ النَّارِ ۝٤٣

ਟੱਪਣ ਵਾਲੇ (ਭਾਵ ਉਲੰਘਣਾਕਾਰੀ) ਹੀ ਨਰਕ ਵਿਚ ਜਾਣ ਵਾਲੇ ਹਨ।

فَسَتَذْكُرُونَ مَا أَقُولُ لَكُمْ وَأُفَوِّضُ أَمْرِي إِلَى
اللَّهِ إِنَّ اللَّهَ بَصِيرٌ بِالْعِبَادِ ٤٤

44 ਛੇਤੀ ਹੀ (ਭਾਵ ਕਿਆਮਤ ਵਾਲੇ ਦਿਨ) ਤੁਸੀਂ ਮੇਰੀਆਂ ਉਹਨਾਂ ਗੱਲਾਂ ਨੂੰ ਯਾਦ ਕਰੋਗੇ ਜੋ ਮੈਂ ਤੁਹਾਨੂੰ ਕਹਿ ਰਿਹਾ ਹਾਂ। ਮੈਂ ਆਪਣਾ ਮਾਮਲਾ ਅੱਲਾਹ ਦੇ ਹਵਾਲੇ ਕਰਦਾ ਹਾਂ। ਬੇਸ਼ੱਕ ਅੱਲਾਹ ਤਾਂ ਸਾਰੇ ਬੰਦਿਆਂ ਨੂੰ ਵੇਖ ਰਿਹਾ ਹੈ।

فَوَقَاهُ اللَّهُ سَيِّئَاتِ مَا مَكَرُوا وَحَاقَ بِآلِ
فِرْعَوْنَ سُوءُ الْعَذَابِ ٤٥

45 ਫੇਰ ਅਸੀਂ ਉਹਨਾਂ ਦੀਆਂ ਭੈੜੀਆਂ ਚਾਲਾਂ ਤੋਂ ਉਸ ਈਮਾਨ ਵਾਲੇ ਨੂੰ ਬਚਾ ਲਿਆ ਅਤੇ ਫ਼ਿਰਔਨੀਆਂ ਨੂੰ ਅਤਿਅੰਤ ਕਰੜੇ ਅਜ਼ਾਬ ਨੇ ਘੇਰ ਲਿਆ।

النَّارُ يُعْرَضُونَ عَلَيْهَا غُدُوًّا وَعَشِيًّا وَيَوْمَ تَقُومُ
السَّاعَةُ أَدْخِلُوا آلَ فِرْعَوْنَ أَشَدَّ الْعَذَابِ ٤٦

46. ਉਹ (ਅਜ਼ਾਬ) ਨਰਕ ਦੀ ਅੱਗ ਹੈ ਜਿਸ ਦੇ ਸਾਹਮਣੇ ਉਹਨਾਂ ਨੂੰ ਸਵੇਰੇ ਸ਼ਾਮ ਪੇਸ਼ ਕੀਤਾ ਜਾਂਦਾ ਹੈ ਅਤੇ ਜਿਸ ਦਿਨ ਕਿਆਮਤ ਆਵੇਗੀ (ਹੁਕਮ ਹੋਵੇਗਾ ਕਿ) ਫ਼ਿਰਔਨੀਆਂ ਨੂੰ ਅਤਿਅੰਤ ਕਰੜੇ ਅਜ਼ਾਬ ਵਿਚ ਸੁੱਟ ਦਿਓ।

وَإِذْ يَتَحَاجُّونَ فِي النَّارِ فَيَقُولُ الضُّعَفَاءُ
لِلَّذِينَ اسْتَكْبَرُوا إِنَّا كُنَّا لَكُمْ تَبَعًا فَهَلْ أَنْتُمْ
مُغْنُونَ عَنَّا نَصِيبًا مِنَ النَّارِ ٤٧

47. ਜਦੋਂ ਉਹ ਨਰਕ ਵਿਚ ਇਕ ਦੂਜੇ ਨਾਲ ਝਗੜਨਗੇ ਤਾਂ ਕਮਜ਼ੋਰ (ਹੀਣੇ) ਲੋਕ ਹੰਕਾਰ ਕਰਨ ਵਾਲਿਆਂ ਨੂੰ ਆਖਣਗੇ ਕਿ ਅਸੀਂ ਤਾਂ (ਸੰਸਾਰ ਵਿਚ) ਤੁਹਾਡੇ ਪਿੱਛੇ ਲੱਗੇ ਹੋਏ ਸੀ। ਕੀ ਤੁਸੀਂ ਸਾਥੋਂ ਅੱਗ ਦਾ ਕੁੱਝ ਭਾਗ ਹਟਾ ਸਕਦੇ ਹੋ?

قَالَ الَّذِينَ اسْتَكْبَرُوا إِنَّا كُلٌّ فِيهَا إِنَّ اللَّهَ
قَدْ حَكَمَ بَيْنَ الْعِبَادِ ٤٨

48 ਘਮੰਡੀ ਲੋਕ ਆਖਣਗੇ ਕਿ ਅਸੀਂ ਸਾਰੇ ਹੀ ਇਸ ਅੱਗ ਵਿਚ (ਸੜ ਰਹੇ) ਹਾਂ। ਬੇਸ਼ੱਕ ਅੱਲਾਹ ਨੇ ਆਪਣੇ ਬੰਦਿਆਂ ਵਿਚਾਲੇ ਫ਼ੈਸਲਾ ਕਰ ਦਿੱਤਾ ਹੈ।

وَقَالَ الَّذِينَ فِي النَّارِ لِخَزَنَةِ جَهَنَّمَ ادْعُوا رَبَّكُمْ
يُخَفِّفْ عَنَّا يَوْمًا مِنَ الْعَذَابِ ٤٩

49 ਜਦੋਂ ਉਹ ਸਾਰੇ ਲੋਕ ਜਿਹੜੇ ਅੱਗ ਵਿਚ ਹੋਣਗੇ ਤਾਂ ਉਹ ਨਰਕ ਦੇ ਪਹਿਰੇਦਾਰਾਂ ਨੂੰ ਆਖਣਗੇ ਕਿ ਤੁਸੀਂ ਆਪਣੇ ਰੱਬ ਨੂੰ ਬੇਨਤੀ ਕਰੋ ਕਿ ਉਹ ਸਾਡੇ ਅਜ਼ਾਬ ਵਿਚ ਕੇਵਲ ਇਕ ਦਿਨ ਲਈ ਕਮੀ ਕਰ ਦੇਵੇ।

50. ਉਹ (ਫ਼ਰਿਸ਼ਤੇ) ਪੁੱਛਣਗੇ, ਕੀ ਤੁਹਾਡੇ ਕੋਲ ਤੁਹਾਡੇ ਰਸੂਲ ਖੁੱਲ੍ਹੀਆਂ ਨਿਸ਼ਾਨੀਆਂ ਲੈ ਕੇ ਨਹੀਂ ਆਏ ਸਨ? ਉਹ (ਨਰਕੀ) ਆਖਣਗੇ ਕਿਉਂ ਨਹੀਂ? ਉਹ (ਫ਼ਰਿਸ਼ਤੇ) ਆਖਣਗੇ ਕਿ ਫੇਰ ਤੁਸੀਂ ਆਪੇ ਹੀ (ਅੱਲਾਹ ਨੂੰ) ਬੇਨਤੀ ਕਰੋ ਜਦ ਕਿ ਕਾਫ਼ਿਰਾਂ ਦੀਆਂ ਸਾਰੀਆਂ ਬੇਨਤੀਆਂ ਵਿਅਰਥ ਹੀ ਜਾਣਗੀਆਂ।

قَالُوٓا أَوَلَمْ تَكُ تَأْتِيكُمْ رُسُلُكُم بِالْبَيِّنَٰتِ ۖ قَالُوا بَلَىٰ ۚ قَالُوا فَادْعُوا ۗ وَمَا دُعَٰٓؤُا الْكَٰفِرِينَ إِلَّا فِى ضَلَٰلٍ (50)

51. ਬੇਸ਼ੱਕ ਅਸੀਂ ਆਪਣੇ ਪੈਗ਼ੰਬਰਾਂ ਦੀ ਅਤੇ ਈਮਾਨ ਵਾਲਿਆਂ ਦੀ ਮਦਦ ਸੰਸਾਰ ਵਿਚ ਵੀ ਕਰਦੇ ਹਾਂ ਅਤੇ ਉਸ (ਕਿਆਮਤ ਵਾਲੇ) ਦਿਨ ਵੀ ਕਰਾਂਗੇ ਜਦੋਂ ਗਵਾਹ (ਵਜੋਂ ਫ਼ਰਿਸ਼ਤੇ ਤੇ ਪੈਗ਼ੰਬਰ) ਖੜ੍ਹੇ ਹੋਣਗੇ

إِنَّا لَنَنصُرُ رُسُلَنَا وَالَّذِينَ ءَامَنُوا فِى الْحَيَوٰةِ الدُّنْيَا وَيَوْمَ يَقُومُ الْأَشْهَٰدُ (51)

52. ਉਸ ਦਿਨ ਜ਼ਾਲਮਾਂ ਨੂੰ ਉਹਨਾਂ ਦਾ ਬਹਾਨਾ ਕਿਸੇ ਕੰਮ ਨਹੀਂ ਆਵੇਗਾ ਸਗੋਂ ਉਹਨਾਂ ਲਈ ਜ਼ਲਾਲਤ ਹੀ ਜ਼ਲਾਲਤ ਹੋਵੇਗੀ ਅਤੇ ਉਹਨਾਂ ਲਈ ਭੈੜਾ ਟਿਕਾਣਾ ਹੋਵੇਗਾ।

يَوْمَ لَا يَنفَعُ الظَّٰلِمِينَ مَعْذِرَتُهُمْ ۖ وَلَهُمُ اللَّعْنَةُ وَلَهُمْ سُوٓءُ الدَّارِ (52)

53. ਬੇਸ਼ੱਕ ਅਸੀਂ ਮੂਸਾ ਨੂੰ ਹਿਦਾਇਤ (ਤੌਰੈਤ) ਬਖ਼ਸ਼ੀ ਅਤੇ ਬਨੀ-ਇਸਰਾਈਲ ਨੂੰ ਉਸ ਕਿਤਾਬ ਦਾ ਵਾਰਸ ਬਣਾਇਆ।

وَلَقَدْ ءَاتَيْنَا مُوسَى الْهُدَىٰ وَأَوْرَثْنَا بَنِىٓ إِسْرَٰٓءِيلَ الْكِتَٰبَ (53)

54. (ਇਹ ਕਿਤਾਬ) ਅਕਲ ਵਾਲਿਆਂ ਲਈ ਹਿਦਾਇਤ ਅਤੇ ਨਸੀਹਤ ਹੈ।

هُدًى وَذِكْرَىٰ لِأُولِى الْأَلْبَٰبِ (54)

55. ਸੋ (ਹੇ ਨਬੀ!) ਤੁਸੀਂ ਸਬਰ ਕਰੋ, ਬੇਸ਼ੱਕ ਅੱਲਾਹ ਦਾ ਵਾਅਦਾ ਸੱਚਾ ਹੈ। ਆਪਣੀਆਂ ਭੁੱਲਾਂ ਦੀ ਬਖ਼ਸ਼ਿਸ਼ ਲਈ ਦੁਆਵਾਂ ਮੰਗੋ ਅਤੇ ਸਵੇਰੇ-ਸ਼ਾਮ (ਹਰ ਵੇਲੇ) ਆਪਣੇ ਪਾਲਣਹਾਰ ਦੀ ਵਡਿਆਈ ਦੇ ਨਾਲ ਉਸ ਦੀ ਤਸਬੀਹ ਬਿਆਨ ਕਰੋ।[1]

فَاصْبِرْ إِنَّ وَعْدَ اللَّهِ حَقٌّ وَاسْتَغْفِرْ لِذَنۢبِكَ وَسَبِّحْ بِحَمْدِ رَبِّكَ بِالْعَشِىِّ وَالْإِبْكَٰرِ (55)

56. ਜਿਹੜੇ ਲੋਕੀ ਅੱਲਾਹ ਦੀਆਂ ਆਇਤਾਂ (ਨਿਸ਼ਾਨੀਆਂ) ਵਿਚ, ਜਿਹੜੀਆਂ ਉਹਨਾਂ ਕੋਲ ਆ ਚੁੱਕੀਆਂ ਹਨ, ਬਿਨਾਂ ਕਿਸੇ ਦਲੀਲ ਤੋਂ ਝਗੜਦੇ ਹਨ ਉਹਨਾਂ ਦੇ ਦਿਲਾਂ ਵਿਚ ਵਡਿਆਈ ਦਾ ਭੂਤ ਸਵਾਰ

إِنَّ الَّذِينَ يُجَٰدِلُونَ فِىٓ ءَايَٰتِ اللَّهِ بِغَيْرِ سُلْطَٰنٍ أَتَىٰهُمْ ۙ إِن فِى صُدُورِهِمْ إِلَّا كِبْرٌ مَّا هُم بِبَٰلِغِيهِ ۚ فَاسْتَعِذْ بِاللَّهِ ۖ إِنَّهُۥ هُوَ السَّمِيعُ الْبَصِيرُ (56)

1 ਵੇਖੋ ਸੂਰਤ ਅਨ-ਨਿਸਾ, ਹਾਸ਼ੀਆ ਆਇਤ 106/4

ਹੈ, ਉਹ ਉਸ (ਵਡਿਆਈ) ਤਕ ਪਹੁੰਚ ਵੀ ਨਹੀਂ ਸਕਦੇ। ਸੋ ਤੁਸੀਂ (ਉਹਨਾਂ ਦੀਆਂ ਸ਼ਰਾਰਤਾਂ ਤੋਂ) ਅੱਲਾਹ ਦੀ ਪਨਾਹ ਮੰਗਦੇ ਰਹੋ। ਬੇਸ਼ੱਕ ਉਹੀਓ ਸੁਣਨ ਵਾਲਾ ਅਤੇ ਵੇਖਣ ਵਾਲਾ ਹੈ।

57. ਅਕਾਸ਼ ਤੇ ਧਰਤੀ ਦੀ ਰਚਨਾ ਮਨੁੱਖੀ ਰਚਨਾ ਤੋਂ ਕਿਤੇ ਵੱਧ ਵੱਡਾ ਕੰਮ ਹੈ, ਪ੍ਰੰਤੂ ਵਧੇਰੇ ਲੋਕ ਨਹੀਂ ਜਾਣਦੇ।

لَخَلْقُ السَّمٰوٰتِ وَالْاَرْضِ اَكْبَرُ مِنْ خَلْقِ النَّاسِ وَلٰكِنَّ
اَكْثَرَ النَّاسِ لَا يَعْلَمُوْنَ ﴿٥٧﴾

58. ਅੰਨ੍ਹਾ ਅਤੇ ਸੁਜਾਖਾ ਇਕੋ ਬਰਾਬਰ ਨਹੀਂ ਹੋ ਸਕਦੇ ਅਤੇ ਨਾ ਹੀ ਉਹ ਲੋਕ ਜਿਹੜੇ ਈਮਾਨ ਲਿਆਏ ਅਤੇ ਉਹਨਾਂ ਨੇ ਭਲੇ ਕੰਮ ਵੀ ਕੀਤੇ ਅਤੇ ਬੁਰਾਈ ਕਰਨ ਵਾਲੇ, ਬਰਾਬਰ ਹਨ। ਤੁਸੀਂ ਲੋਕ ਬਹੁਤ ਹੀ ਘੱਟ ਨਸੀਹਤ ਗ੍ਰਹਿਣ ਕਰਦੇ ਹੋ।

وَمَا يَسْتَوِي الْاَعْمٰى وَالْبَصِيْرُ ۙ وَالَّذِيْنَ
اٰمَنُوْا وَعَمِلُوا الصّٰلِحٰتِ وَلَا الْمُسِيْٓءُ ؕ
قَلِيْلًا مَّا تَتَذَكَّرُوْنَ ﴿٥٨﴾

59. ਇਸ ਵਿਚ ਕਿਆਮਤ ਦੀ ਘੜੀ ਜ਼ਰੂਰ ਆਵੇਗੀ, ਪ੍ਰੰਤੂ ਵਧੇਰੇ ਲੋਕ ਇਸ ਗੱਲ ਨੂੰ ਨਹੀਂ ਮੰਨਦੇ।

اِنَّ السَّاعَةَ لَاٰتِيَةٌ لَّا رَيْبَ فِيْهَا وَلٰكِنَّ اَكْثَرَ
النَّاسِ لَا يُؤْمِنُوْنَ ﴿٥٩﴾

60. ਤੁਹਾਡੇ ਪਾਲਣਹਾਰ ਦਾ ਫ਼ਰਮਾਨ ਹੈ ਕਿ ਮੈਨੂੰ ਹੀ ਪੁਕਾਰੋ, ਮੈਂ ਤੁਹਾਡੀਆਂ ਦੁਆਵਾਂ ਨੂੰ ਕਬੂਲ ਕਰਾਂਗਾ। ਸੋ ਜਾਣੋ ਕਿ ਜਿਹੜੇ ਲੋਕ ਮੇਰੀ ਬੰਦਗੀ ਕਰਨ ਤੋਂ ਮੂੰਹ ਮੋੜਦੇ ਹਨ ਉਹ ਲੋਕ ਜ਼ਲੀਲ ਹੋਕੇ ਨਰਕ ਵਿਚ ਪ੍ਰਵੇਸ਼ ਕਰਨਗੇ।

وَقَالَ رَبُّكُمُ ادْعُوْنِيْٓ اَسْتَجِبْ لَكُمْ ؕ
اِنَّ الَّذِيْنَ يَسْتَكْبِرُوْنَ عَنْ عِبَادَتِيْ
سَيَدْخُلُوْنَ جَهَنَّمَ دٰخِرِيْنَ ﴿٦٠﴾

61. ਅੱਲਾਹ ਉਹ ਹੈ ਜਿਸ ਨੇ ਤੁਹਾਡੇ ਲਈ ਰਾਤ ਬਣਾਈ ਤਾਂ ਜੋ ਤੁਸੀਂ ਇਸ ਵਿਚ ਆਰਾਮ ਕਰ ਸਕੋ ਅਤੇ ਦਿਨ ਬਣਾਇਆ ਤਾਂ ਜੋ ਤੁਸੀਂ ਵੇਖ ਸਕੋ। ਅੱਲਾਹ ਆਪਣੇ ਬੰਦਿਆਂ 'ਤੇ ਕ੍ਰਿਪਾਲਤਾ ਕਰਨ ਵਾਲਾ ਹੈ ਪਰ ਬਹੁਤੇ ਲੋਕ ਸ਼ੁਕਰ ਅਦਾ ਨਹੀਂ ਕਰਦੇ।

اَللّٰهُ الَّذِيْ جَعَلَ لَكُمُ الَّيْلَ لِتَسْكُنُوْا فِيْهِ وَالنَّهَارَ
مُبْصِرًا ؕ اِنَّ اللّٰهَ لَذُوْ فَضْلٍ عَلَى النَّاسِ وَلٰكِنَّ
اَكْثَرَ النَّاسِ لَا يَشْكُرُوْنَ ﴿٦١﴾

62. ਇਹੋ ਅੱਲਾਹ ਤੁਹਾਡਾ ਰੱਬ ਹੈ ਅਤੇ ਹਰੇਕ ਚੀਜ਼ ਦਾ ਪੈਦਾ ਕਰਨ ਵਾਲਾ ਹੈ, ਇਸ ਤੋਂ ਛੁੱਟ ਹੋਰ ਕੋਈ ਸੱਚਾ ਇਸ਼ਟ ਨਹੀਂ। ਤੁਸੀਂ ਕਿੱਧਰੋਂ ਬਹਿਕਾਏ ਜਾ ਰਹੇ ਹੋ?

ذٰلِكُمُ اللّٰهُ رَبُّكُمْ خَالِقُ كُلِّ شَيْءٍ ۘ لَآ اِلٰهَ اِلَّا
هُوَ ۟ فَاَنّٰى تُؤْفَكُوْنَ ﴿٦٢﴾

كَذَٰلِكَ يُؤْفَكُ الَّذِينَ كَانُوا بِآيَاتِ اللَّهِ
يَجْحَدُونَ ﴿٦٣﴾

63 ਇਸੇ ਪ੍ਰਕਾਰ ਉਹ ਲੋਕ ਵੀ ਬਹਿਕੇ ਫਿਰਦੇ ਰਹੇ, ਜਿਹੜੇ ਰੱਬ ਦੀਆਂ ਆਇਤਾਂ (ਆਦੇਸ਼ਾਂ) ਦਾ ਇਨਕਾਰ ਕਰਿਆ ਕਰਦੇ ਸਨ।

اللَّهُ الَّذِي جَعَلَ لَكُمُ الْأَرْضَ قَرَارًا وَالسَّمَاءَ
بِنَاءً وَصَوَّرَكُمْ فَأَحْسَنَ صُوَرَكُمْ وَرَزَقَكُم مِّنَ
الطَّيِّبَاتِ ۚ ذَٰلِكُمُ اللَّهُ رَبُّكُمْ ۖ فَتَبَارَكَ اللَّهُ
رَبُّ الْعَالَمِينَ ﴿٦٤﴾

64 ਅੱਲਾਹ ਉਹ ਹੈ ਜਿਸ ਨੇ ਧਰਤੀ ਨੂੰ ਤੁਹਾਡੇ ਲਈ ਠਹਿਰਨ ਵਾਲੀ ਥਾਂ ਅਤੇ ਅਕਾਸ਼ ਨੂੰ ਛੱਤ ਬਣਾਇਆ। ਉਸ ਨੇ ਤੁਹਾਡੀਆਂ ਸ਼ਕਲਾਂ ਬਣਾਈਆਂ ਅਤੇ ਬਹੁਤ ਹੀ ਸੋਹਣੀਆਂ ਬਣਾਈਆਂ। ਉਸ ਨੇ ਤੁਹਾਨੂੰ ਪਾਕੀਜ਼ਾ ਤੇ ਸਾਫ਼ ਸੁਥਰਾ ਰਿਜ਼ਕ ਦਿੱਤਾ। ਅੱਲਾਹ ਤੁਹਾਡਾ ਪਾਲਣਹਾਰ ਹੈ ਅਤੇ ਬਹੁਤ ਹੀ ਬਰਕਤਾਂ ਵਾਲਾ ਹੈ ਅਤੇ ਸਾਰੇ ਜਹਾਨ ਦਾ ਪਾਲਣਹਾਰ ਹੈ।

هُوَ الْحَيُّ لَا إِلَٰهَ إِلَّا هُوَ فَادْعُوهُ مُخْلِصِينَ
لَهُ الدِّينَ ۗ الْحَمْدُ لِلَّهِ رَبِّ الْعَالَمِينَ ﴿٦٥﴾

65 ਉਹ (ਸਦਾ ਲਈ) ਜਿਊਂਦਾ ਹੈ, ਉਸ ਤੋਂ ਛੁੱਟ ਹੋਰ ਕੋਈ (ਸੱਚਾ) ਇਸ਼ਟ ਨਹੀਂ। ਸੋ ਤੁਸੀਂ ਆਪਣੀ ਬੰਦਗੀ ਨੂੰ ਉਸ ਲਈ ਖ਼ਾਲਿਸ ਕਰਦੇ ਹੋਏ ਉਸੇ ਨੂੰ (ਮਦਦ ਲਈ) ਪੁਕਾਰੋ। ਸਾਰੀਆਂ ਸਿਫ਼ਤਾਂ ਅੱਲਾਹ ਲਈ ਹੀ ਹਨ ਜਿਹੜਾ ਸਾਰੇ ਜਹਾਨਾਂ ਦਾ ਰੱਬ ਹੈ।

قُلْ إِنِّي نُهِيتُ أَنْ أَعْبُدَ الَّذِينَ تَدْعُونَ مِن دُونِ
اللَّهِ لَمَّا جَاءَنِيَ الْبَيِّنَاتُ مِن رَّبِّي وَأُمِرْتُ أَنْ
أُسْلِمَ لِرَبِّ الْعَالَمِينَ ﴿٦٦﴾

66 (ਹੇ ਨਬੀ!) ਤੁਸੀਂ ਆਖ ਦਿਓ ਕਿ ਮੈਨੂੰ ਉਹਨਾਂ ਸਭ ਦੀ ਇਬਾਦਤ ਕਰਨ ਤੋਂ ਰੋਕ ਦਿੱਤਾ ਹੈ ਕਿ ਮੈਂ ਉਹਨਾਂ ਦੀ ਇਬਾਦਤ ਕਰਾਂ ਜਿਨ੍ਹਾਂ ਨੂੰ ਤੁਸੀਂ ਅੱਲਾਹ ਤੋਂ ਛੁੱਟ ਪੁਕਾਰਦੇ ਹੋ, ਜਦ ਕਿ ਮੇਰੇ ਕੋਲ ਰੱਬ ਵੱਲੋਂ ਸਪਸ਼ਟ ਨਿਸ਼ਾਨੀਆਂ ਆ ਚੁੱਕੀਆਂ ਹਨ ਅਤੇ ਮੈਨੂੰ ਇਹ ਹੁਕਮ ਹੋਇਆ ਹੈ ਕਿ ਮੈਂ ਸਾਰੇ ਜਹਾਨਾਂ ਦੇ ਰੱਬ ਦਾ ਆਗਿਆਕਾਰੀ ਬਣ ਕੇ ਰਹਾਂ।

هُوَ الَّذِي خَلَقَكُم مِّن تُرَابٍ ثُمَّ مِن نُّطْفَةٍ ثُمَّ
مِنْ عَلَقَةٍ ثُمَّ يُخْرِجُكُمْ طِفْلًا ثُمَّ لِتَبْلُغُوا
أَشُدَّكُمْ ثُمَّ لِتَكُونُوا شُيُوخًا ۚ وَمِنكُم مَّن يُتَوَفَّىٰ
مِن قَبْلُ ۖ وَلِتَبْلُغُوا أَجَلًا مُّسَمًّى وَلَعَلَّكُمْ
تَعْقِلُونَ ﴿67﴾

67. (ਅੱਲਾਹ) ਉਹੀਓ ਹੈ ਜਿਸ ਨੇ ਤੁਹਾਨੂੰ (ਪਹਿਲੀ ਵਾਰ) ਮਿੱਟੀ ਤੋਂ ਸਾਜਿਆ, ਫੇਰ ਵੀਰਜ ਤੋਂ, ਫੇਰ ਲਹੂ ਦੇ ਲੋਥੜੇ ਤੋਂ, ਫੇਰ ਉਹ ਤੁਹਾਨੂੰ ਬੱਚੇ ਦੇ ਰੂਪ ਵਿਚ (ਮਾਂ ਦੇ ਗਰਭ 'ਚੋਂ) ਕੱਢਦਾ ਹੈ, ਫੇਰ ਤੁਹਾਨੂੰ ਵਧਾਉਂਦਾ ਹੈ ਤਾਂ ਜੋ ਤੁਸੀਂ ਆਪਣੀ ਪੂਰੀ ਜਵਾਨੀ ਨੂੰ ਪਹੁੰਚ ਜਾਓ, ਫੇਰ (ਵਧਾਉਂਦਾ ਹੈ) ਤਾਂ ਜੋ ਤੁਸੀਂ

ਬੁੱਢੇ ਹੋ ਜਾਓ। ਤੁਹਾਡੇ ਵਿੱਚੋਂ ਕੁੱਝ ਇਸ (ਬੁਢਾਪੇ) ਤੋਂ ਪਹਿਲਾਂ ਹੀ ਪੂਰੇ ਹੋ ਜਾਂਦੇ ਹਨ। (ਭਾਵ ਮਰ ਜਾਂਦੇ ਹੋ) ਅਤੇ (ਇਹ ਸਭ ਇਸ ਲਈ ਹੈ) ਤਾਂ ਜੋ ਤੁਸੀਂ ਆਪਣੀ ਨਿਯਤ ਉਮਰ ਤਕ ਪਹੁੰਚ ਜਾਓ ਅਤੇ ਤੁਸੀਂ (ਹਕੀਕਤ ਨੂੰ) ਸਮਝ ਸਕੋ।[1]

68 ਉਹੀ ਜੀਵਨ ਦਿੰਦਾ ਹੈ, ਉਹੀ ਮੌਤ ਦਿੰਦਾ ਹੈ ਫੇਰ ਜਦੋਂ ਉਹ ਕਿਸੇ ਕੰਮ ਨੂੰ ਕਰਨਾ ਚਾਹੁੰਦਾ ਹੈ ਤਾਂ ਕੇਵਲ ਇਹੋ ਕਹਿੰਦਾ ਹੈ ਕਿ ਹੋ ਜਾ ਤੇ ਉਹ ਹੋ ਜਾਂਦਾ ਹੈ।

هُوَ الَّذِي يُحْيِي وَيُمِيتُ ۖ فَإِذَا قَضَىٰ أَمْرًا فَإِنَّمَا
يَقُولُ لَهُ كُن فَيَكُونُ ﴿٦٨﴾

69 ਕੀ ਤੁਸੀਂ ਉਹਨਾਂ ਨੂੰ ਨਹੀਂ ਵੇਖਿਆ ਕਿ ਜਿਹੜੇ ਅੱਲਾਹ ਦੀਆਂ ਆਇਤਾਂ (ਕੁਰਆਨ) ਵਿਚ ਝਗੜਦੇ ਹਨ? ਉਹ ਕਿਧਰੋਂ ਫਿਰਾਏ ਜਾ ਰਹੇ ਹਨ।

أَلَمْ تَرَ إِلَى الَّذِينَ يُجَادِلُونَ فِي آيَاتِ اللَّهِ أَنَّىٰ
يُصْرَفُونَ ﴿٦٩﴾

70 ਜਿਹਨਾਂ ਲੋਕਾਂ ਨੇ ਇਸ ਕਿਤਾਬ (ਕੁਰਆਨ) ਨੂੰ ਝੁਠਲਾਇਆ ਅਤੇ ਉਹਨਾਂ (ਸਿੱਖਿਆਵਾਂ) ਨੂੰ ਝੁਠਲਾਇਆ, ਜਿਨ੍ਹਾਂ ਨਾਲ ਅਸੀਂ ਆਪਣੇ ਰਸੂਲਾਂ ਨੂੰ ਭੇਜਿਆ ਸੀ ਉਹ ਛੇਤੀ ਹੀ (ਹਕੀਕਤ ਨੂੰ) ਜਾਣ ਲੈਣਗੇ।

الَّذِينَ كَذَّبُوا بِالْكِتَابِ وَبِمَا أَرْسَلْنَا بِهِ
رُسُلَنَا ۖ فَسَوْفَ يَعْلَمُونَ ﴿٧٠﴾

71. ਜਦੋਂ ਉਹਨਾਂ ਦੀਆਂ ਗਰਦਨਾਂ ਵਿਚ ਸੰਗਲ ਤੇ (ਪੈਰਾਂ ਵਿਚ) ਬੇੜੀਆਂ ਹੋਣਗੀਆਂ ਜਿਨ੍ਹਾਂ ਨਾਲ ਜਕੜ ਕੇ ਉਹ ਘਸੀਟੇ ਜਾਣਗੇ।

إِذِ الْأَغْلَالُ فِي أَعْنَاقِهِمْ وَالسَّلَاسِلُ يُسْحَبُونَ ﴿٧١﴾

72 (ਪਹਿਲਾਂ) ਉਹ ਉੱਬਲਦੇ ਹੋਏ ਪਾਣੀ ਵਿਚ ਅਤੇ ਫੇਰ (ਨਰਕ ਦੀ) ਅੱਗ ਵਿਚ ਸੁੱਟ ਦਿੱਤੇ ਜਾਣਗੇ।

فِي الْحَمِيمِ ثُمَّ فِي النَّارِ يُسْجَرُونَ ﴿٧٢﴾

73 ਫੇਰ ਉਹਨਾਂ ਤੋਂ ਪੁੱਛਿਆ ਜਾਵੇਗਾ ਕਿ ਜਿਨ੍ਹਾਂ ਨੂੰ ਤੁਸੀਂ (ਰੱਬ ਦਾ) ਸ਼ਰੀਕ ਬਣਾਉਂਦੇ ਸੀ ਅੱਜ ਉਹ ਕਿੱਥੇ ਹਨ?

ثُمَّ قِيلَ لَهُمْ أَيْنَ مَا كُنتُمْ تُشْرِكُونَ ﴿٧٣﴾

74 ਅੱਲਾਹ ਤੋਂ ਛੁੱਟ ਦੂਜੇ ਇਸ਼ਟ ਕਿੱਥੇ ਹਨ? ਉਹ (ਮੁਸ਼ਰਿਕ) ਆਖਣਗੇ ਕਿ ਉਹ ਤਾਂ ਸਾਥੋਂ ਗੁਆਚ ਗਏ। ਅਸੀਂ ਤਾਂ ਇਸ ਤੋਂ ਪਹਿਲਾਂ ਹੀ (ਅੱਲਾਹ ਤੋਂ

مِن دُونِ اللَّهِ ۖ قَالُوا ضَلُّوا عَنَّا بَل لَّمْ نَكُن
نَّدْعُو مِن قَبْلُ شَيْئًا ۚ كَذَٰلِكَ يُضِلُّ اللَّهُ
الْكَافِرِينَ ﴿٧٤﴾

[1] ਵੇਖੋ ਸੂਰਤ ਅਲ-ਹੱਜ, ਹਾਸ਼ੀਆ ਆਇਤ 5/22

ਛੁਟ) ਕਿਸੇ ਨੂੰ ਵੀ ਨਹੀਂ ਪੁਕਾਰਦੇ ਸੀ। ਅੱਲਾਹ ਕਾਫ਼ਿਰਾਂ ਨੂੰ ਇਸੇ ਤਰ੍ਹਾਂ ਕੁਰਾਹੇ ਪਾਉਂਦਾ ਹੈ।

75 ਕਿਹਾ ਜਾਵੇਗਾ ਕਿ ਤੁਹਾਡਾ ਇਹ ਭੈੜਾ ਅੰਤ ਇਸ ਲਈ ਹੋਇਆ ਹੈ ਕਿ ਤੁਸੀਂ ਧਰਤੀ 'ਤੇ ਘਮੰਡ ਕਰਦੇ ਸੀ ਅਤੇ (ਇਹ ਅੰਤ) ਇਸ ਲਈ ਵੀ ਹੈ ਕਿ ਤੁਸੀਂ ਆਕੜਦੇ ਸੀ।

ذَٰلِكُم بِمَا كُنتُمْ تَفْرَحُونَ فِي الْأَرْضِ بِغَيْرِ
الْحَقِّ وَبِمَا كُنتُمْ تَمْرَحُونَ ﴿٧٥﴾

76 ਹੁਣ ਤੁਸੀਂ ਨਰਕ ਵਿਚ ਸਦਾ ਰਹਿਣ ਲਈ ਉਸ ਦੇ ਬੂਹਿਆਂ ਵਿਚ ਦਾਖ਼ਲ ਹੋ ਜਾਓ। ਉਹਨਾਂ ਹੰਕਾਰੀਆਂ ਲਈ ਕਿੰਨਾ ਭੈੜਾ ਟਿਕਾਣਾ ਹੈ।

ادْخُلُوا أَبْوَابَ جَهَنَّمَ خَالِدِينَ فِيهَا ۖ فَبِئْسَ
مَثْوَى الْمُتَكَبِّرِينَ ﴿٧٦﴾

77 ਸੋ ਹੇ ਨਬੀ! ਤੁਸੀਂ ਧੀਰਜ ਰੱਖੋ, ਬੇਸ਼ੱਕ ਅੱਲਾਹ ਦਾ ਵਾਅਦਾ ਸੱਚਾ ਹੁੰਦਾ ਹੈ। ਜੇ ਅਸੀਂ ਚਾਹੀਏ ਤਾਂ ਤੁਹਾਨੂੰ ਉਸ ਅਜ਼ਾਬ ਵਿੱਚੋਂ ਕੁੱਝ ਵਿਖਾ ਦਈਏ ਜਿਸ ਦਾ ਅਸੀਂ ਇਹਨਾਂ ਕਾਫ਼ਿਰਾਂ ਨਾਲ ਵਾਅਦਾ ਕੀਤਾ ਹੈ, ਜਾਂ ਅਸੀਂ ਇਸ ਤੋਂ ਪਹਿਲਾਂ ਹੀ ਤੁਹਾਨੂੰ ਮੌਤ ਦੇ ਦਈਏ। ਅੰਤ ਨੂੰ ਉਹ ਸਾਰੇ ਸਾਡੇ ਵੱਲ ਹੀ ਪਰਤਾਏ ਜਾਣਗੇ।

فَاصْبِرْ إِنَّ وَعْدَ اللَّهِ حَقٌّ ۚ فَإِمَّا نُرِيَنَّكَ
بَعْضَ الَّذِي نَعِدُهُمْ أَوْ نَتَوَفَّيَنَّكَ فَإِلَيْنَا
يُرْجَعُونَ ﴿٧٧﴾

78. ਹੇ ਨਬੀ! ਬੇਸ਼ੱਕ ਅਸੀਂ ਤੁਹਾਥੋਂ ਪਹਿਲਾਂ ਵੀ ਬਹੁਤ ਸਾਰੇ ਰਸੂਲ ਭੇਜ ਚੁੱਕੇ ਹਾਂ ਜਿਨ੍ਹਾਂ ਵਿੱਚੋਂ ਕੁੱਝ (ਰਸੂਲਾਂ) ਦੇ ਹਾਲਾਤ ਅਸੀਂ ਤੁਹਾਨੂੰ ਦੱਸ ਚੁੱਕੇ ਹਾਂ ਅਤੇ ਕਈਆਂ ਦੇ ਹਾਲਾਤ ਤੁਹਾਨੂੰ ਬਿਆਨ ਵੀ ਨਹੀਂ ਕੀਤੇ। ਕਿਸੇ ਵੀ ਰਸੂਲ ਦੀ ਇਹ ਤਾਕਤ ਨਹੀਂ ਸੀ ਕਿ ਉਹ ਕੋਈ ਮੌਅਜਜ਼ਾ (ਨਿਸ਼ਾਨੀ) ਅੱਲਾਹ ਦੀ ਆਗਿਆ ਤੋਂ ਬਿਨਾਂ ਲੈ ਆਵੇ। ਜਦੋਂ ਅੱਲਾਹ ਦਾ ਅਜ਼ਾਬ ਆਉਣ ਦਾ ਹੁਕਮ ਆ ਗਿਆ, ਫੇਰ ਉਹਨਾਂ ਦਾ ਇਨਸਾਫ਼ ਨਾਲ ਫ਼ੈਸਲਾ ਕਰ ਦਿੱਤਾ ਗਿਆ ਤੇ ਉਸ ਸਮੇਂ ਝੂਠੇ ਲੋਕ ਘਾਟੇ ਵਿਚ ਰਹੇ।

وَلَقَدْ أَرْسَلْنَا رُسُلًا مِّن قَبْلِكَ مِنْهُم مَّن
قَصَصْنَا عَلَيْكَ وَمِنْهُم مَّن لَّمْ نَقْصُصْ
عَلَيْكَ ۗ وَمَا كَانَ لِرَسُولٍ أَن يَأْتِيَ بِآيَةٍ إِلَّا
بِإِذْنِ اللَّهِ ۚ فَإِذَا جَاءَ أَمْرُ اللَّهِ قُضِيَ بِالْحَقِّ
وَخَسِرَ هُنَالِكَ الْمُبْطِلُونَ ﴿٧٨﴾

79 ਅੱਲਾਹ ਉਹ ਹੈ ਜਿਸ ਨੇ ਤੁਹਾਡੇ ਲਈ ਮਵੇਸ਼ੀ ਪੈਦਾ ਕੀਤੇ, ਇਨ੍ਹਾਂ ਵਿੱਚੋਂ ਕੁੱਝ ਦੀ ਤੁਸੀਂ ਸਵਾਰੀ ਕਰਦੇ ਹੋ ਅਤੇ ਕੁੱਝ ਨੂੰ ਤੁਸੀਂ ਖਾਂਦੇ ਹੋ।

اللَّهُ الَّذِي جَعَلَ لَكُمُ الْأَنْعَامَ لِتَرْكَبُوا مِنْهَا
وَمِنْهَا تَأْكُلُونَ ﴿٧٩﴾

80. ਉਹਨਾਂ (ਚੌਪਾਇਆਂ) ਵਿਚ ਤੁਹਾਡੇ ਲਈ ਹੋਰ ਵੀ ਕਈ ਲਾਭ ਹਨ। ਤੁਸੀਂ ਉਹਨਾਂ 'ਤੇ ਸਵਾਰ ਹੋ ਕੇ ਆਪਣੀ ਉਸ ਲੋੜ ਤਕ ਪਹੁੰਚਦੇ ਹੋ ਜਿਸ ਦੀ ਚਾਹਤ ਤੁਹਾਡੇ ਦਿਲਾਂ ਵਿਚ ਹੁੰਦੀ ਹੈ। ਤੁਸੀਂ ਬੇੜੀਆਂ 'ਤੇ ਵੀ ਸਵਾਰ ਹੁੰਦੇ ਹੋ।

وَلَكُمْ فِيهَا مَنَافِعُ وَلِتَبْلُغُوا عَلَيْهَا حَاجَةً فِي صُدُورِكُمْ وَعَلَيْهَا وَعَلَى الْفُلْكِ تُحْمَلُونَ ﴿٨٠﴾

81. ਉਹ ਅੱਲਾਹ ਤੁਹਾਨੂੰ ਆਪਣੀਆਂ ਨਿਸ਼ਾਨੀਆਂ ਵਿਖਾਉਂਦਾ ਹੈ। ਤੁਸੀਂ ਅੱਲਾਹ ਦੀਆਂ ਕਿਹੜੀਆਂ ਕਿਹੜੀਆਂ ਨਿਸ਼ਾਨੀਆਂ ਦਾ ਇਨਕਾਰ ਕਰੋਗੇ।

وَيُرِيكُمْ آيَاتِهِ فَأَيَّ آيَاتِ اللَّهِ تُنكِرُونَ ﴿٨١﴾

82. ਕੀ ਉਹਨਾਂ ਇਨਕਾਰੀਆਂ ਨੇ ਧਰਤੀ ਦੀ ਸੈਰ ਨਹੀਂ ਕੀਤੀ, ਜੇ ਉਹ ਵੇਖਦੇ ਕਿ ਉਹਨਾਂ ਇਨਕਾਰੀਆਂ ਦਾ ਅੰਤ ਕਿਹੋ ਜਿਹਾ ਹੋਇਆ ਸੀ, ਜਿਹੜੇ ਉਹਨਾਂ ਤੋਂ ਪਹਿਲਾਂ ਹੋਏ ਸੀ। ਉਹ ਗਿਣਤੀ ਵਿਚ ਵੀ ਇਹਨਾਂ ਤੋਂ ਕਿਤੇ ਵੱਧ ਸਨ ਅਤੇ ਬਹੁਤੇ ਸ਼ਕਤੀਸ਼ਾਲੀ ਸਨ ਅਤੇ ਧਰਤੀ ਉੱਤੇ ਛੱਡੇ ਚਿੰਨ੍ਹਾਂ ਪੱਖੋਂ ਵੀ ਇਹਨਾਂ ਤੋਂ ਵਧੂ ਸਨ। ਉਹ ਜੋ ਕੁੱਝ ਵੀ ਕਰਦੇ ਸਨ ਉਹ ਉਹਨਾਂ ਦੇ ਕਿਸੇ ਕੰਮ ਨਹੀਂ ਆਇਆ।

أَفَلَمْ يَسِيرُوا فِي الْأَرْضِ فَيَنظُرُوا كَيْفَ كَانَ عَاقِبَةُ الَّذِينَ مِن قَبْلِهِمْ ۚ كَانُوا أَكْثَرَ مِنْهُمْ وَأَشَدَّ قُوَّةً وَآثَارًا فِي الْأَرْضِ فَمَا أَغْنَىٰ عَنْهُم مَّا كَانُوا يَكْسِبُونَ ﴿٨٢﴾

83. ਜਦੋਂ ਵੀ ਉਹਨਾਂ ਲੋਕਾਂ ਕੋਲ ਉਹਨਾਂ ਦੇ ਰਸੂਲ ਸਪਸ਼ਟ ਪ੍ਰਮਾਣ ਲੈਕੇ ਆਉਂਦੇ ਤਾਂ ਉਹ ਆਪਣੇ ਹੀ ਝੂਠੇ ਗਿਆਨ ਉੱਤੇ ਹੰਕਾਰ ਕਰਦੇ ਰਹੇ ਜਿਹੜਾ ਗਿਆਨ ਉਹਨਾਂ ਦੇ ਕੋਲ ਸੀ। ਅੰਤ ਜਿਸ ਅਜ਼ਾਬ ਦਾ ਉਹ ਮਖ਼ੌਲ ਕਰਿਆ ਕਰਦੇ ਸੀ ਉਸ ਨੇ ਉਹਨਾਂ ਨੂੰ ਆ ਘੇਰਿਆ।

فَلَمَّا جَاءَتْهُمْ رُسُلُهُم بِالْبَيِّنَاتِ فَرِحُوا بِمَا عِندَهُم مِّنَ الْعِلْمِ وَحَاقَ بِهِم مَّا كَانُوا بِهِ يَسْتَهْزِئُونَ ﴿٨٣﴾

84. ਜਦੋਂ ਉਹਨਾਂ ਨੇ ਸਾਡਾ ਅਜ਼ਾਬ ਵੇਖਿਆ ਤਾਂ ਆਖਣ ਲੱਗੇ ਕਿ ਅਸੀਂ ਇੱਕੋ ਇੱਕ ਅੱਲਾਹ ਉੱਤੇ ਈਮਾਨ ਲਿਆਏ ਹਾਂ ਅਤੇ ਜਿਨ੍ਹਾਂ ਨੂੰ ਅਸੀਂ ਉਸ ਦਾ ਸਾਂਝੀ ਬਣਾਉਂਦੇ ਸੀ, ਅਸੀਂ ਉਹਨਾਂ ਸਭ ਦਾ ਇਨਕਾਰ ਕਰਦੇ ਹਾਂ।

فَلَمَّا رَأَوْا بَأْسَنَا قَالُوا آمَنَّا بِاللَّهِ وَحْدَهُ وَكَفَرْنَا بِمَا كُنَّا بِهِ مُشْرِكِينَ ﴿٨٤﴾

85. ਫੇਰ ਜਦੋਂ ਉਹਨਾਂ ਨੇ ਸਾਡਾ ਅਜ਼ਾਬ ਵੇਖ ਲਿਆ ਤਾਂ ਉਹਨਾਂ ਦੇ ਈਮਾਨ ਲਿਆਉਣ ਨੇ ਉਹਨਾਂ ਨੂੰ ਕੁੱਝ ਵੀ ਲਾਭ ਨਹੀਂ ਦਿੱਤਾ। ਇਹੋ ਅੱਲਾਹ ਦਾ ਨਿਯਤ ਤਰੀਕਾ ਹੈ, ਜਿਹੜਾ ਉਸ ਦੇ ਬੰਦਿਆਂ ਵਿਚ ਸਦਾ ਤੋਂ ਲਾਗੂ ਹੈ ਅਤੇ ਉਸ ਸਮੇਂ ਇਨਕਾਰੀ ਘਾਟੇ ਵਿਚ ਪੈ ਗਏ।

فَلَمْ يَكُ يَنفَعُهُمْ إِيمَانُهُمْ لَمَّا رَأَوْا بَأْسَنَا ۖ سُنَّتَ اللَّهِ الَّتِي قَدْ خَلَتْ فِي عِبَادِهِ ۖ وَخَسِرَ هُنَالِكَ الْكَافِرُونَ ٨٥

41. ਸੂਰਤ ਹਾ, ਮੀਮ, ਅਸ-ਸਜਦਾ (ਮੱਕੀ-61)

سُورَةُ حٰمٓ السَّجْدَة

(ਆਇਤਾਂ 54, ਰੁਕੂਅ 6)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਹਾ, ਮੀਮ।

حٰمٓ ١

2 (ਇਹ ਕ਼ੁਰਆਨ) ਅਤਿਅੰਤ ਦਿਆਲੂ ਤੇ ਕ੍ਰਿਪਾ ਕਰਨ ਵਾਲੇ(ਅੱਲਾਹ) ਵੱਲੋਂ ਉਤਾਰਿਆ ਹੋਇਆ ਹੈ।

تَنزِيلٌ مِّنَ الرَّحْمَٰنِ الرَّحِيمِ ٢

3 ਇਹ ਅਜਿਹੀ ਕਿਤਾਬ ਹੈ, ਜਿਸ ਦੀਆਂ ਆਇਤਾਂ ਦਾ ਵਰਣਨ ਵਿਸਥਾਰ ਨਾਲ ਕੀਤਾ ਗਿਆ ਹੈ। ਇਹ ਕ਼ੁਰਆਨ ਅਰਬੀ ਭਾਸ਼ਾ ਵਿਚ ਹੈ, ਉਹਨਾਂ ਲੋਕਾਂ ਲਈ (ਲਾਭਦਾਇਕ ਹੈ) ਜਿਹੜੇ ਗਿਆਨ ਰੱਖਦੇ ਹਨ।

كِتَابٌ فُصِّلَتْ آيَاتُهُ قُرْآنًا عَرَبِيًّا لِّقَوْمٍ يَعْلَمُونَ ٣

4 (ਇਹ ਕ਼ੁਰਆਨ ਚੰਗੇ ਕੰਮ ਕਰਨ ਵਾਲਿਆਂ ਨੂੰ) ਖ਼ੁਸ਼ਖ਼ਬਰੀਆਂ ਅਤੇ (ਭੈੜੇ ਕੰਮ ਕਰਨ ਵਾਲਿਆਂ ਨੂੰ ਨਰਕ ਤੋਂ) ਡਰਾਉਣ ਵਾਲਾ ਹੈ। ਪਰ ਇਹਨਾਂ ਵਿੱਚੋਂ ਬਹੁਤਿਆਂ ਨੇ ਮੂੰਹ ਮੋੜ ਲਿਆ ਅਤੇ ਉਹ ਸੁਣਦੇ ਹੀ ਨਹੀਂ।

بَشِيرًا وَنَذِيرًا فَأَعْرَضَ أَكْثَرُهُمْ فَهُمْ لَا يَسْمَعُونَ ٤

5 ਉਹ ਆਖਦੇ ਹਨ ਕਿ (ਹੇ ਮੁਹੰਮਦ ਸ:!) ਤੂੰ ਸਾਨੂੰ ਜਿਸ (ਕ਼ੁਰਆਨ) ਵੱਲ ਬੁਲਾ ਰਿਹਾ ਹੈਂ, ਉਸ (ਦੇ ਬਚਨ) ਲਈ ਸਾਡੇ ਦਿਲ ਗ਼ਲਾਫ਼ਾਂ ਵਿਚ ਹਨ ਅਤੇ ਸਾਡੇ ਕੰਨਾਂ ਵਿਚ ਡਾਟ ਹਨ (ਤਾਂ ਜੋ ਅਸੀਂ ਨਾ ਸਮਝ ਸਕੀਏ ਨਾ ਸੁਣ ਸਕੀਏ) ਤੁਹਾਡੇ ਅਤੇ ਸਾਡੇ ਵਿਚਾਲੇ

وَقَالُوا قُلُوبُنَا فِي أَكِنَّةٍ مِّمَّا تَدْعُونَا إِلَيْهِ وَفِي آذَانِنَا وَقْرٌ وَمِن بَيْنِنَا وَبَيْنِكَ حِجَابٌ فَاعْمَلْ إِنَّنَا عَامِلُونَ ٥

ਇਕ ਪੜਦਾ ਆ ਪਿਆ ਹੈ। ਸੋ ਤੂੰ ਆਪਣਾ ਕੰਮ
ਕਰ, ਅਸੀਂ ਆਪਣਾ ਕੰਮ ਕਰੀਂ ਜਾਵਾਂਗੇ।

6 (ਹੇ ਮੁਹੰਮਦ ਸ.!) ਤੁਸੀਂ ਉਹਨਾਂ ਨੂੰ ਆਖੋ ਕਿ ਮੈਂ
ਤਾਂ ਤੁਹਾਡੇ ਜਿਹਾ ਹੀ ਇਕ ਮਨੁੱਖ ਹਾਂ। ਪਰ ਮੇਰੇ
ਕੋਲ ਵੱਲ (ਰੱਬ ਵੱਲੋਂ) ਵਹੀ ਭੇਜੀ ਜਾਂਦੀ ਹੈ ਕਿ
ਤੁਹਾਡਾ ਸਭ ਦਾ ਇਸ਼ਟ ਤਾਂ ਬਸ ਇੱਕੋ ਇੱਕ
ਅੱਲਾਹ ਹੀ ਹੈ। ਸੋ ਤੁਸੀਂ ਇਕ ਚਿੱਤ ਹੋਕੇ ਉਸੇ
ਵੱਲ ਧਿਆਨ ਦਿਓ ਅਤੇ ਉਸੇ ਤੋਂ ਭੁੱਲਾਂ ਦੀ
ਮੁਆਫ਼ੀ ਮੰਗੋ ਅਤੇ ਮੁਸ਼ਰਿਕਾਂ ਲਈ ਬਰਬਾਦੀ ਹੈ।

قُلْ إِنَّمَا أَنَا بَشَرٌ مِثْلُكُمْ يُوحَىٰ إِلَيَّ أَنَّمَا
إِلَٰهُكُمْ إِلَٰهٌ وَاحِدٌ فَاسْتَقِيمُوا إِلَيْهِ وَاسْتَغْفِرُوهُ
وَوَيْلٌ لِلْمُشْرِكِينَ ٦

7 (ਉਹ ਵੀ ਬਰਬਾਦ ਹੋਣਗੇ) ਜਿਹੜੇ ਜ਼ਕਾਤ
ਨਹੀਂ ਦਿੰਦੇ ਅਤੇ ਪਰਲੋਕ ਨੂੰ ਨਹੀਂ ਮੰਨਦੇ।

الَّذِينَ لَا يُؤْتُونَ الزَّكَاةَ وَهُمْ بِالْآخِرَةِ هُمْ
كَافِرُونَ ٧

8. ਜਿਹੜੇ ਈਮਾਨ ਲਿਆਏ ਅਤੇ ਉਹਨਾਂ ਨੇ ਭਲੇ
ਕੰਮ ਵੀ ਕੀਤੇ, ਉਹਨਾਂ ਲਈ ਅਜਿਹਾ ਬਦਲਾ ਹੈ
ਜਿਸ ਦਾ ਕਦੇ ਅੰਤ ਨਹੀਂ ਹੋਵੇਗਾ।

إِنَّ الَّذِينَ آمَنُوا وَعَمِلُوا الصَّالِحَاتِ لَهُمْ أَجْرٌ
غَيْرُ مَمْنُونٍ ٨

9. (ਹੇ ਨਬੀ!) ਤੁਸੀਂ ਉਹਨਾਂ ਨੂੰ ਪੁੱਛ, ਕੀ ਤੁਸੀਂ
ਉਸ (ਅੱਲਾਹ) ਦਾ ਇਨਕਾਰ ਕਰਦੇ ਹੋ ਜਿਸ ਨੇ ਦੋ
ਦਿਨਾਂ ਵਿਚ ਧਰਤੀ ਨੂੰ ਬਣਾਇਆ ਅਤੇ ਤੁਸੀਂ
ਉਸ ਦੇ ਸਾਝੀ ਵੀ ਬਣਾਉਂਦੇ ਹੋ? ਜਦ ਕਿ ਉਹੀਓ
ਸਾਰੇ ਜਹਾਨਾਂ ਦਾ ਪਾਲਣਹਾਰ ਹੈ।

قُلْ أَئِنَّكُمْ لَتَكْفُرُونَ بِالَّذِي خَلَقَ الْأَرْضَ فِي
يَوْمَيْنِ وَتَجْعَلُونَ لَهُ أَنْدَادًا ذَٰلِكَ رَبُّ
الْعَالَمِينَ ٩

10 ਅਤੇ (ਉਸੇ ਅੱਲਾਹ ਨੇ) ਧਰਤੀ ਉੱਤੇ ਮਜ਼ਬੂਤ
ਪਹਾੜ ਬਣਾਏ ਅਤੇ ਇਸ (ਧਰਤੀ) ਵਿਚ ਬਰਕਤਾਂ
ਰੱਖੀਆਂ ਅਤੇ ਇਸ ਵਿਚ ਲੋੜ ਅਨੁਸਾਰ ਖਾਧ-
ਖ਼ੁਰਾਕ ਦਾ ਸਮਾਨ ਜੁਟਾਇਆ। ਇਹ ਸਾਰੇ ਕੰਮ
ਚਾਰ ਦਿਨਾਂ ਵਿਚ ਹੋ ਗਏ। ਪੁੱਛਣ ਵਾਲਿਆਂ ਲਈ
ਇਹੋ ਠੀਕ ਜਵਾਬ ਹੈ।

وَجَعَلَ فِيهَا رَوَاسِيَ مِنْ فَوْقِهَا وَبَارَكَ فِيهَا
وَقَدَّرَ فِيهَا أَقْوَاتَهَا فِي أَرْبَعَةِ أَيَّامٍ
سَوَاءً لِلسَّائِلِينَ ١٠

11 ਫੇਰ ਉਸ (ਅੱਲਾਹ) ਨੇ ਅਕਾਸ਼ ਵੱਲ ਧਿਆਨ
ਦਿੱਤਾ ਜਿਹੜਾ ਉਸ ਵੇਲੇ ਨਿਰਾ ਧੂੰਆਂ ਸੀ, ਫੇਰ
ਅੱਲਾਹ ਨੇ ਉਸ (ਅਕਾਸ਼) ਨੂੰ ਅਤੇ ਧਰਤੀ ਨੂੰ ਕਿਹਾ

ثُمَّ اسْتَوَىٰ إِلَى السَّمَاءِ وَهِيَ دُخَانٌ فَقَالَ لَهَا
وَلِلْأَرْضِ ائْتِيَا طَوْعًا أَوْ كَرْهًا قَالَتَا أَتَيْنَا
طَائِعِينَ ١١

ਕਿ ਤੁਸੀਂ ਦੋਵੇਂ ਹੋਂਦ ਵਿਚ ਆ ਜਾਓ, ਭਾਵੇਂ ਤੁਸੀਂ ਖ਼ੁਸ਼ੀ ਨਾਲ ਆਓ ਭਾਵੇਂ ਨਾ ਚਾਹੁੰਦੇ ਹੋਏ (ਮਜਬੂਰੀ ਨਾਲ) ਆਓ, ਦੋਵਾਂ ਨੇ ਆਖਿਆ ਕਿ ਅਸੀਂ ਦੋਵੇਂ ਖ਼ੁਸ਼ੀ ਨਾਲ ਹੋਂਦ ਵਿਚ ਆਉਣ ਲਈ ਹਾਜ਼ਰ ਹਾਂ।

فَقَضٰىهُنَّ سَبْعَ سَمٰوَاتٍ فِيْ يَوْمَيْنِ وَاَوْحٰى فِيْ كُلِّ
سَمَآءٍ اَمْرَهَا ۚ وَزَيَّنَّا السَّمَآءَ الدُّنْيَا بِمَصَابِيْحَ ۖ
وَحِفْظًا ۚ ذٰلِكَ تَقْدِيْرُ الْعَزِيْزِ الْعَلِيْمِ 12

12. ਫੇਰ ਅਸੀਂ ਦੋ ਦਿਨਾਂ ਵਿਚ ਸਤ ਅਕਾਸ਼ ਬਣਾ ਦਿੱਤੇ ਅਤੇ ਹਰ ਅਕਾਸ਼ ਨੂੰ ਉਸ ਦੇ ਅਨੁਸਾਰ ਆਦੇਸ਼ ਦਿੱਤੇ, ਅਸੀਂ ਦੁਨੀਆਂ (ਵਿਚ ਦਿਸਣ ਵਾਲੇ) ਅਕਾਸ਼ ਨੂੰ ਚਰਾਗ਼ਾਂ ਨਾਲ (ਭਾਵ ਤਾਰਿਆਂ) ਨਾਲ ਸਜਾਇਆ ਅਤੇ ਉਸ ਨੂੰ ਚੰਗੀ ਤਰ੍ਹਾਂ ਸੁਰੱਖਿਅਤ ਕਰ ਦਿੱਤਾ। ਇਹ ਤਦਬੀਰ ਅਤਿਅੰਤ ਜ਼ੋਰਾਵਰ ਅਤੇ ਜਾਣਨਹਾਰ ਦੀ ਹੈ।

فَاِنْ اَعْرَضُوْا فَقُلْ اَنْذَرْتُكُمْ صٰعِقَةً مِّثْلَ
صٰعِقَةِ عَادٍ وَّثَمُوْدَ 13

13. ਜੇ ਫੇਰ ਵੀ ਉਹ (ਕਾਫ਼ਿਰ) ਮੂੰਹ ਮੋੜਦੇ ਹਨ ਤਾਂ ਤੁਸੀਂ (ਹੇ ਨਬੀ!) ਆਖ ਦਿਓ ਕਿ ਮੈਂ ਤਾਂ ਤੁਹਾਨੂੰ ਉਸ ਕੜਕਦਾਰ (ਅਸਮਾਨੀ ਅਜ਼ਾਬ) ਤੋਂ ਡਰਾਉਂਦਾ ਹਾਂ ਜਿਹੜੀ ਆਦ ਤੇ ਸਮੂਦ ਦੀ ਕੜਕ ਵਾਂਗ ਹੋਵੇਗੀ।

اِذْ جَآءَتْهُمُ الرُّسُلُ مِنْ بَيْنِ اَيْدِيْهِمْ وَمِنْ
خَلْفِهِمْ اَلَّا تَعْبُدُوْۤا اِلَّا اللّٰهَ ۚ قَالُوْا لَوْ شَآءَ
رَبُّنَا لَاَنْزَلَ مَلٰٓئِكَةً فَاِنَّا بِمَاۤ اُرْسِلْتُمْ بِهٖ
كٰفِرُوْنَ 14

14. ਜਦੋਂ ਪੈਗ਼ੰਬਰ ਉਹਨਾਂ (ਸਮੂਦੀਆਂ) ਕੋਲ ਉਹਨਾਂ ਦੇ ਅੱਗੇ ਪਿੱਛੇ ਇਹ ਕਹਿੰਦੇ ਹੋਏ ਆਏ ਕਿ ਤੁਸੀਂ ਅੱਲਾਹ ਹੀ ਦੀ ਇਬਾਦਤ ਕਰੋ, ਤਾਂ ਉਹਨਾਂ ਨੇ ਉੱਤਰ ਵਿਚ ਕਿਹਾ ਕਿ ਜੇ ਸਾਡਾ ਪਾਲਣਹਾਰ ਚਾਹੁੰਦਾ ਤਾਂ (ਇਹ ਗੱਲ ਦੱਸਣ ਲਈ) ਫ਼ਰਿਸ਼ਤੇ ਭੇਜਦਾ। ਜੋ ਸੁਨੇਹਾ ਤੁਹਾਨੂੰ ਦੇਕੇ ਘੱਲਿਆ ਗਿਆ ਹੈ ਅਸੀਂ ਉਸ ਦਾ ਇਨਕਾਰ ਕਰਦੇ ਹਾਂ।

فَاَمَّا عَادٌ فَاسْتَكْبَرُوْا فِي الْاَرْضِ بِغَيْرِ
الْحَقِّ وَقَالُوْا مَنْ اَشَدُّ مِنَّا قُوَّةً ۚ اَوَلَمْ يَرَوْا
اَنَّ اللّٰهَ الَّذِيْ خَلَقَهُمْ هُوَ اَشَدُّ مِنْهُمْ قُوَّةً ۚ
وَكَانُوْا بِاٰيٰتِنَا يَجْحَدُوْنَ 15

15 ਜਿਹੜੀ ਆਦ ਦੀ ਕੌਮ ਵਾਲੇ ਸੀ ਉਹਨਾਂ ਨੇ ਧਰਤੀ ਉੱਤੇ ਅਣਹੱਕਾ ਘਮੰਡ ਕੀਤਾ ਅਤੇ ਕਹਿਣ ਲੱਗੇ ਕਿ ਸਾਥੋਂ ਜ਼ੋਰਾਵਰੀ ਵਿਚ ਵਧੇਰੇ ਕੌਣ ਹੈ? ਕੀ (ਉਹਨਾਂ ਆਦੀਆਂ ਨੇ) ਨਹੀਂ ਵੇਖਿਆ ਕਿ ਬੇਸ਼ੱਕ ਜਿਸ ਅੱਲਾਹ ਨੇ ਉਹਨਾਂ ਨੂੰ ਪੈਦਾ ਕੀਤਾ ਹੈ ਉਹ ਉਹਨਾਂ ਤੋਂ

[1] ਵੇਖੋ ਸੂਰਤ ਅਲ-ਅਨਆਮ, ਹਾਸ਼ੀਆ ਆਇਤ 97/6

ਕਿਤੇ ਵੱਧ ਜ਼ੋਰਾਵਰ ਹੈ, (ਪ੍ਰੰਤੂ) ਉਹ ਸਾਡੀਆਂ ਆਇਤਾਂ ਦਾ (ਅਖ਼ੀਰ ਤੱਕ) ਇਨਕਾਰ ਹੀ ਕਰਦੇ ਰਹੇ।

16 ਅੰਤ ਅਸੀਂ ਉਹਨਾਂ (ਆਦ ਦੀ ਕੌਮ) 'ਤੇ ਅਸ਼ੁਭ (ਸਿੱਧ ਹੋਣ ਵਾਲੇ) ਦਿਨਾਂ ਵਿਚ ਤੇਜ਼ ਸ਼ੂਕਦੀ ਹੋਈ ਹਵਾ ਭੇਜ ਦਿੱਤੀ ਤਾਂ ਜੋ ਉਹਨਾਂ ਨੂੰ ਸੰਸਾਰਿਕ ਜੀਵਨ ਵਿਚ ਜ਼ਲੀਲ ਕਰਨ ਵਾਲੇ ਅਜ਼ਾਬ ਦਾ ਸੁਆਦ ਚਖਾ ਦੇਈਏ। ਜਦੋਂ ਕਿ ਪਰਲੋਕ ਦਾ ਅਜ਼ਾਬ ਤਾਂ ਇਸ ਤੋਂ ਕਿਤੇ ਵੱਧ ਰੁਸਵਾਈ ਵਾਲਾ ਹੈ ਅਤੇ ਉੱਥੇ ਉਹਨਾਂ ਦੀ ਕੋਈ ਸਹਾਇਤਾ ਵੀ ਨਹੀਂ ਕੀਤੀ ਜਾਵੇਗੀ।

فَأَرْسَلْنَا عَلَيْهِمْ رِيحًا صَرْصَرًا فِي أَيَّامٍ نَحِسَاتٍ لِنُذِيقَهُمْ عَذَابَ الْخِزْيِ فِي الْحَيَاةِ الدُّنْيَا ۖ وَلَعَذَابُ الْآخِرَةِ أَخْزَىٰ ۖ وَهُمْ لَا يُنْصَرُونَ ﴿16﴾

17 ਜਿਹੜੇ ਸਮੂਦ ਸੀ, ਅਸੀਂ ਉਹਨਾਂ ਦੀ ਵੀ (ਪੈਗ਼ੰਬਰ ਭੇਜ ਕੇ) ਅਗਵਾਈ ਕੀਤੀ, ਪਰ ਉਹਨਾਂ ਨੇ ਰਾਹ ਵੇਖਣ ਨਾਲੋਂ ਅੰਨ੍ਹੇ ਬਣੇ ਰਹਿਣਾ ਹੀ ਪਸੰਦ ਕੀਤਾ, ਫੇਰ ਉਹਨਾਂ ਦੀਆਂ ਕਰਤੂਤਾਂ ਕਾਰਨ ਉਹਨਾਂ ਨੂੰ ਹੀਣਤਾ ਭਰੇ ਅਜ਼ਾਬ ਦੀ ਕੜਕ ਨੇ ਨੱਪ ਲਿਆ।

وَأَمَّا ثَمُودُ فَهَدَيْنَاهُمْ فَاسْتَحَبُّوا الْعَمَىٰ عَلَى الْهُدَىٰ فَأَخَذَتْهُمْ صَاعِقَةُ الْعَذَابِ الْهُونِ بِمَا كَانُوا يَكْسِبُونَ ﴿17﴾

18 ਅਤੇ ਅਸੀਂ ਈਮਾਨ ਵਾਲਿਆਂ ਨੂੰ ਅਤੇ ਰੱਬ ਦਾ ਡਰ ਭੌ ਰੱਖਣ ਵਾਲਿਆਂ ਨੂੰ (ਇਸ ਅਜ਼ਾਬ ਤੋਂ) ਬਚਾ ਲਿਆ।

وَنَجَّيْنَا الَّذِينَ آمَنُوا وَكَانُوا يَتَّقُونَ ﴿18﴾

19. ਅਤੇ ਜਦੋਂ ਅੱਲਾਹ ਦੇ ਵੈਰੀ ਇਕੱਠੇ ਕਰ ਕੇ ਨਰਕ ਵੱਲ ਘੇਰ ਕੇ ਲਿਆਏ ਜਾਣਗੇ ਤਾਂ ਉਹਨਾਂ ਦੀ ਦਰਜਾਬੰਦੀ (ਪਾਪਾਂ ਅਨੁਸਾਰ) ਕੀਤੀ ਜਾਵੇਗੀ।

وَيَوْمَ يُحْشَرُ أَعْدَاءُ اللَّهِ إِلَى النَّارِ فَهُمْ يُوزَعُونَ ﴿19﴾

20 ਜਦੋਂ ਉਹ ਸਾਰੇ (ਰੱਬ ਦੇ ਦੁਸ਼ਮਨ) ਉੱਥੇ (ਨਰਕ ਨੇੜੇ) ਪਹੁੰਚਣਗੇ ਤਾਂ ਉਹਨਾਂ ਦੇ ਵਿਰੁੱਧ ਉਹਨਾਂ ਦੇ ਕੰਨ, ਉਹਨਾਂ ਦੀਆਂ ਅੱਖਾਂ ਅਤੇ ਉਹਨਾਂ ਦੇ ਸਰੀਰ ਦੀਆਂ ਚਮੜੀਆਂ (ਉਹਨਾਂ ਵੱਲੋਂ ਕੀਤੇ ਕੰਮਾਂ ਦੀ) ਗਵਾਹੀ ਦੇਣਗੀਆਂ।

حَتَّىٰ إِذَا مَا جَاءُوهَا شَهِدَ عَلَيْهِمْ سَمْعُهُمْ وَأَبْصَارُهُمْ وَجُلُودُهُمْ بِمَا كَانُوا يَعْمَلُونَ ﴿20﴾

21. ਉਹ (ਅਪਰਾਧੀ) ਆਪਣੀਆਂ ਚਮੜੀਆਂ ਤੋਂ ਪੁੱਛਣਗੇ ਕਿ ਤੁਸੀਂ ਸਾਡੇ ਵਿਰੁੱਧ ਕਿਉਂ ਗਵਾਹੀ ਦਿੱਤੀ? ਉਹ ਕਹਿਣਗੀਆਂ ਕਿ ਸਾਨੂੰ ਉਸੇ ਅੱਲਾਹ ਨੇ ਬੁਲਵਾਇਆ ਹੈ ਜਿਸ ਨੇ ਹਰ ਚੀਜ਼ ਨੂੰ ਬੋਲਣਾ

وَقَالُوا لِجُلُودِهِمْ لِمَ شَهِدْتُمْ عَلَيْنَا ۖ قَالُوا أَنْطَقَنَا اللَّهُ الَّذِي أَنْطَقَ كُلَّ شَيْءٍ وَهُوَ خَلَقَكُمْ أَوَّلَ مَرَّةٍ وَإِلَيْهِ تُرْجَعُونَ ﴿21﴾

ਸਿਖਾਇਆ ਹੈ। ਉਸੇ ਨੇ ਤੁਹਾਨੂੰ ਪਹਿਲੀ ਵਾਰ ਪੈਦਾ ਕੀਤਾ ਸੀ ਅਤੇ ਤੁਸੀਂ ਉਸੇ ਵੱਲ ਪਰਤਾਏ ਗਏ ਹੋ

22. ਤੁਸੀਂ (ਇਹ ਸੋਚ ਕੇ ਬੁਰਾਈ ਤੋਂ) ਨਹੀਂ ਬਚਦੇ ਸੀ ਕਿ ਤੁਹਾਡੇ ਕੰਨ, ਅੱਖਾਂ ਤੇ ਤੁਹਾਡੀ ਚਮੜੀ ਤੁਹਾਡੇ ਵਿਰੁੱਧ ਗਵਾਹੀ ਦੇਣਗੇ ਸਗੋਂ ਤੁਸੀਂ ਇਹ ਸਮਝਦੇ ਰਹੇ ਕਿ ਜੋ ਕੁੱਝ ਵੀ ਤੁਸੀਂ ਕਰ ਰਹੇ ਹੋ, ਅੱਲਾਹ ਉਹਨਾਂ ਵਿੱਚੋਂ ਕਈਆਂ ਦੀਆਂ ਕਰਤੂਤਾਂ ਤੋਂ ਬੇ ਖ਼ਬਰ ਹੈ।

وما كنتم تستترون أن يشهد عليكم
سمعكم ولا أبصاركم ولا جلودكم ولكن
ظننتم أن الله لا يعلم كثيرا مما تعملون 22

23. ਤੁਹਾਡਾ ਇਹੋ ਗੁਮਾਨ (ਵਿਚਾਰ), ਜੋ ਤੁਸੀਂ ਆਪਣੇ ਰੱਬ ਬਾਰੇ ਕਰੀਂ ਬੈਠੇ ਸੀ, ਉਹੀਓ ਤੁਹਾਨੂੰ ਲੈ ਡੁੱਬਿਆ। ਅੰਤ ਤੁਸੀਂ ਘਾਟੇ ਵਿਚ ਰਹਿਣ ਵਾਲਿਆਂ ਨਾਲ ਜਾ ਰਲੇ

وذلكم ظنكم الذي ظننتم بربكم أرداكم
فأصبحتم من الخاسرين 23

24. ਹੁਣ ਜੇ ਉਹ ਲੋਕੀ ਸਬਰ ਵੀ ਕਰਨ ਤਾਂ ਵੀ ਉਹਨਾਂ ਦਾ ਟਿਕਾਣਾ ਨਰਕ ਹੀ ਹੈ ਅਤੇ ਜੇ ਉਹ ਮੁਆਫ਼ੀ ਮੰਗਣ ਤਾਂ ਵੀ ਉਹ ਮੁਆਫ਼ ਕੀਤੇ ਹੋਏ ਲੋਕਾਂ ਵਿੱਚੋਂ ਨਹੀਂ ਹੋਣਗੇ।

فإن يصبروا فالنار مثوى لهم وإن يستعتبوا
فما هم من المعتبين 24

25. ਅਸੀਂ ਉਹਨਾਂ (ਕਾਫ਼ਿਰਾਂ) ਦੇ ਕੁੱਝ ਅਜਿਹੇ ਸਾਥੀ ਬਣਾ ਛੱਡੇ ਸੀ, ਜਿਹੜੇ ਉਹਨਾਂ ਦੇ ਅਗਲੇ-ਪਿਛਲੇ ਸਾਰੇ ਅਮਲਾਂ ਨੂੰ ਸੋਹਣਾ ਤੇ ਵਧੀਆ ਬਣਾ ਕੇ ਵਿਖਾਉਂਦੇ ਸਨ। ਅਖ਼ੀਰ ਉਹਨਾਂ ਉੱਤੇ ਵੀ ਅੱਲਾਹ ਵੱਲੋਂ ਉਹੀਓ ਅਜ਼ਾਬ ਦਾ ਫ਼ੈਸਲਾ ਹੋਇਆ ਜਿਹੜਾ ਉਹਨਾਂ ਤੋਂ ਪਹਿਲਾਂ ਬੀਤੇ ਹੋਏ ਜਿੰਨਾਂ ਤੇ ਮਨੁੱਖਾਂ ਦੇ ਗਰੋਹਾਂ 'ਤੇ ਲਾਗੂ ਹੋ ਚੁੱਕਿਆ ਹੈ। ਨਿਰਸੰਦੇਹ, ਉਹ ਲੋਕ ਜ਼ਰੂਰ ਹੀ ਘਾਟੇ ਵਿਚ ਰਹਿ ਜਾਣ ਵਾਲੇ ਹਨ।

وقيضنا لهم قرناء فزينوا لهم ما بين أيديهم
وما خلفهم وحق عليهم القول في أمم
قد خلت من قبلهم من الجن والإنس
إنهم كانوا خاسرين 25

26. ਅਤੇ ਕਾਫ਼ਿਰ (ਇਕ ਦੂਜੇ ਨੂੰ) ਕਹਿੰਦੇ ਸਨ ਕਿ ਤੁਸੀਂ ਇਸ ਕੁਰਆਨ ਨੂੰ ਨਾ ਸੁਣੋ, ਜਦੋਂ ਇਸ ਨੂੰ ਪੜ੍ਹਿਆ ਜਾਵੇ ਤਾਂ ਰੌਲਾ (ਵਿਘਨ) ਪਾਓ ਤਾਂ ਜੋ ਤੁਸੀਂ ਹੀ ਭਾਰੂ ਹੋਵੋ।

وقال الذين كفروا لا تسمعوا لهذا القرآن
والغوا فيه لعلكم تغلبون 26

27. ਸੋ ਜਿਨ੍ਹਾਂ ਲੋਕਾਂ ਨੇ ਇਨਕਾਰ ਕੀਤਾ ਸੀ ਅਸੀਂ ਉਹਨਾਂ ਕਾਫ਼ਿਰਾਂ ਨੂੰ ਕਰੜੀ ਸਜ਼ਾ ਦਾ ਸੁਆਦ

فلنذيقن الذين كفروا عذابا شديدا
ولنجزينهم أسوأ الذي كانوا يعملون 27

ਭੁਗਤਾਂਗੇ ਅਤੇ ਜਿਹੜੀਆਂ ਭੈੜੀਆਂ ਕਰਤੂਤਾਂ ਉਹ ਕਰਦੇ ਰਹੇ ਹਨ ਅਸੀਂ ਉਹਨਾਂ ਨੂੰ ਉਹਨਾਂ ਦਾ ਬਦਲਾ ਜ਼ਰੂਰ ਦੇਵਾਂਗੇ।

28. ਇਹ ਅੱਗ ਹੀ ਅੱਲਾਹ ਦੇ ਵੈਰੀਆਂ ਦੀ ਸਜ਼ਾ ਹੈ, ਇਹਨਾਂ ਲਈ ਇਸੇ ਵਿਚ ਸਦੀਵੀ ਘਰ ਹੈ। ਇਹ ਸਜ਼ਾ ਉਸ ਅਪਰਾਧ ਦੀ ਹੈ ਕਿ ਉਹ ਸਾਡੀਆਂ ਆਇਤਾਂ (ਆਦੇਸ਼) ਦਾ ਇਨਕਾਰ ਕਰਦੇ ਸਨ।

ذَٰلِكَ جَزَاءُ أَعْدَاءِ اللَّهِ النَّارُ ۖ لَهُمْ فِيهَا دَارُ
الْخُلْدِ ۖ جَزَاءً بِمَا كَانُوا بِآيَاتِنَا يَجْحَدُونَ 28

29. ਅਤੇ ਕਾਫ਼ਿਰ ਆਖਣਗੇ ਕਿ ਹੇ ਸਾਡੇ ਰੱਬਾ! ਸਾਨੂੰ ਜਿੰਨਾਂ ਤੇ ਮਨੁੱਖਾਂ ਵਿੱਚੋਂ ਉਹ ਲੋਕ ਵਿਖਾ ਜਿਨ੍ਹਾਂ ਨੇ ਸਾਨੂੰ (ਸਿੱਧੇ ਰਾਹੋਂ) ਭਟਕਾਇਆ ਸੀ ਤਾਂ ਜੋ ਅਸੀਂ ਉਹਨਾਂ ਨੂੰ ਆਪਣੇ ਪੈਰਾਂ ਹੇਠ ਲਤਾੜੀਏ, ਤਾਂ ਜੋ ਉਹ ਜ਼ਲੀਲ ਲੋਕਾਂ ਵਿਚ ਹੋ ਜਾਣ।

وَقَالَ الَّذِينَ كَفَرُوا رَبَّنَا أَرِنَا الَّذَيْنِ أَضَلَّانَا
مِنَ الْجِنِّ وَالْإِنسِ نَجْعَلْهُمَا تَحْتَ أَقْدَامِنَا
لِيَكُونَا مِنَ الْأَسْفَلِينَ 29

30. ਨਿਰਸੰਦੇਹ, ਜਿਨ੍ਹਾਂ ਲੋਕਾਂ ਨੇ ਕਿਹਾ ਕਿ ਸਾਡਾ ਪਾਲਣਹਾਰ ਅੱਲਾਹ ਹੈ ਫੇਰ ਉਸੇ (ਗੱਲ) 'ਤੇ ਡਟੇ ਰਹੇ[1], ਉਹਨਾਂ ਉੱਤੇ ਫ਼ਰਿਸ਼ਤੇ (ਇਹ ਕਹਿੰਦੇ ਹੋਏ) ਉੱਤਰਦੇ ਹਨ ਕਿ ਨਾ ਤਾਂ ਤੁਹਾਨੂੰ ਕੋਈ ਚਿੰਤਾ ਹੈ ਨਾ ਕਿਸੇ ਪ੍ਰਕਾਰ ਦਾ ਕੋਈ ਡਰ-ਖ਼ੌਫ਼, ਸਗੋਂ ਇਸ ਜੰਨਤ ਤੋਂ ਖ਼ੁਸ਼ ਹੋ ਜਾਵੋ ਜਿਸ ਦਾ ਤੁਹਾਡੇ ਨਾਲ ਵਾਅਦਾ ਕੀਤਾ ਗਿਆ ਸੀ।

إِنَّ الَّذِينَ قَالُوا رَبُّنَا اللَّهُ ثُمَّ اسْتَقَامُوا تَتَنَزَّلُ
عَلَيْهِمُ الْمَلَائِكَةُ أَلَّا تَخَافُوا وَلَا تَحْزَنُوا
وَأَبْشِرُوا بِالْجَنَّةِ الَّتِي كُنتُمْ تُوعَدُونَ 30

31. ਅਸੀਂ ਸੰਸਾਰਿਕ ਜੀਵਨ ਵਿਚ ਵੀ ਅਤੇ ਪਰਲੋਕ ਵਿਚ ਵੀ ਤੁਹਾਡੇ ਸਾਥੀ ਸੀ। ਇਸ (ਜੰਨਤ) ਵਿਚ ਤੁਹਾਡੇ ਲਈ ਉਹ ਸਭ ਕੁੱਝ ਹੈ ਜਿਸ ਨੂੰ ਤੁਹਾਡਾ ਜੀ ਚਾਹਵੇਗਾ ਅਤੇ ਇਸ ਵਿਚ ਉਹ ਸਭ ਕੁਝ ਹੈ ਜੋ ਤੁਸੀਂ ਮੰਗੋਗੇ।

نَحْنُ أَوْلِيَاؤُكُمْ فِي الْحَيَاةِ الدُّنْيَا وَفِي الْآخِرَةِ ۖ
وَلَكُمْ فِيهَا مَا تَشْتَهِي أَنفُسُكُمْ وَلَكُمْ فِيهَا
مَا تَدَّعُونَ 31

32. ਉਹ ਮਹਿਮਾਨਦਾਰੀ ਤੁਹਾਡੇ ਲਈ ਉਸ ਵੱਲੋਂ ਹੋਵੇਗੀ ਜਿਹੜਾ ਬਖ਼ਸ਼ਣਹਾਰ ਤੇ ਮਿਹਰਾਂ ਵਾਲਾ ਹੈ।

نُزُلًا مِّنْ غَفُورٍ رَّحِيمٍ (32)

---

[1] ਮਜ਼ਬੂਤੀ ਨਾਲ ਡਟੇ ਰਹਿਣ ਤੋਂ ਭਾਵ ਹੈ ਕਿ ਉਹ ਈਮਾਨ ਅਤੇ ਤੌਹੀਦ ਤੇ ਕਾਇਮ ਰਹੇ। ਕੇਵਲ ਇਕ ਅੱਲਾਹ ਦੀ ਇਬਾਦਤ ਕਰੇ ਜਿਹੜੇ ਚੰਗੇ ਕੰਮ ਕਰਨ ਦਾ ਅੱਲਾਹ ਨੇ ਹੁਕਮ ਦਿੱਤਾ ਹੈ ਉਸ ਦੀ ਪਾਲਣਾ ਕਰੇ ਅਤੇ ਬੁਰੇ ਕੰਮਾਂ ਤੋਂ ਬਚੇ।

33 ਉਸ ਵਿਅਕਤੀ ਤੋਂ ਸੋਹਣੀ ਗੱਲ ਭਲਾਂ ਕਿਸ ਦੀ ਹੋ ਸਕਦੀ ਹੈ ਜਿਹੜਾ (ਲੋਕਾਂ ਨੂੰ) ਅੱਲਾਹ ਵੱਲ ਸੱਦੇ ਅਤੇ ਨੇਕ ਕੰਮ ਵੀ ਕਰੇ ਅਤੇ ਇਹ ਵੀ ਕਹੇ ਕਿ ਮੈਂ ਆਗਿਆਕਾਰੀਆਂ ਵਿੱਚੋਂ ਹਾਂ।

ومن أحسن قولا ممن دعا إلى الله وعمل صالحا وقال إنني من المسلمين ٣٣

34 ਨੇਕੀ ਤੇ ਬੁਰਾਈ ਇੱਕ ਬਰਾਬਰ ਨਹੀਂ ਹੋ ਸਕਦੀ, ਤੁਸੀਂ ਬੁਰਾਈ ਨੂੰ ਅਜਿਹੀ ਗੱਲ ਨਾਲ ਦੂਰ ਕਰੋ ਜਿਹੜੀ ਵਧੇਰੇ ਸੋਹਣੀ ਹੋਵੇ। ਤੁਸੀਂ ਵੇਖੋਗੇ ਕਿ ਉਹ ਵਿਅਕਤੀ ਜਿਸ ਨਾਲ ਤੁਹਾਡੀ ਦੁਸ਼ਮਣੀ ਹੈ ਉਹ ਇੰਜ ਹੋ ਜਾਵੇਗਾ ਜਿਵੇਂ ਕੋਈ ਜਿਗਰੀ ਦੋਸਤ ਹੋਵੇ।

ولا تستوي الحسنة ولا السيئة ادفع بالتي هي أحسن فإذا الذي بينك وبينه عداوة كأنه ولي حميم ٣٤

35 ਪਰ ਇਹ ਗੁਣ ਉਹਨਾਂ ਨੂੰ ਹੀ ਨਸੀਬ ਹੁੰਦੀ ਹੈ ਜਿਹੜੇ ਸਬਰ ਕਰਦੇ ਹਨ ਅਤੇ ਇਹ (ਸਿਫ਼ਤ) ਉਸੇ ਨੂੰ ਨਸੀਬ ਹੁੰਦੀ ਹੈ ਜਿਹੜਾ ਵੱਡੇ ਭਾਗਾਂ ਵਾਲਾ ਹੁੰਦਾ ਹੈ।

وما يلقاها إلا الذين صبروا وما يلقاها إلا ذو حظ عظيم ٣٥

36 ਜੇ ਤੁਸੀਂ ਸ਼ੈਤਾਨ ਵੱਲੋਂ ਕੋਈ (ਬੁਰਾਈ ਵਲ) ਉਕਸਾਹਟ ਮਹਿਸੂਸ ਕਰੋ ਤਾਂ ਅੱਲਾਹ ਦੀ ਸ਼ਰਨ ਮੰਗੋ, ਬੇਸ਼ੱਕ ਉਹੀਓ ਸਭ ਕੁੱਝ ਸੁਣਨ ਵਾਲਾ ਤੇ ਜਾਣਨ ਵਾਲਾ ਹੈ।

وإما ينزغنك من الشيطان نزغ فاستعذ بالله إنه هو السميع العليم ٣٦

37 ਇਹ ਦਿਨ ਤੇ ਰਾਤ, ਸੂਰਜ ਤੇ ਚੰਨ ਉਸ (ਅੱਲਾਹ) ਦੀ ਨਿਸ਼ਾਨੀਆਂ ਵਿੱਚੋਂ ਹਨ। ਤੁਸੀਂ ਲੋਕ ਨਾ ਸੂਰਜ ਦੀ ਪੂਜਾ ਕਰੋ ਨਾ ਚੰਨ ਦੀ, ਜੇ ਤੁਸੀਂ ਵਾਸਤਵ ਵਿਚ ਉਸੇ ਦੀ ਇਬਾਦਤ ਕਰਦੇ ਹੋ, ਤਾਂ ਤੁਸੀਂ ਉਸ ਅੱਲਾਹ ਨੂੰ ਸਿਜਦਾ ਕਰੋ ਜਿਸ ਨੇ (ਇਹਨਾਂ ਸਭ ਨੂੰ) ਪੈਦਾ ਕੀਤਾ ਹੈ।

ومن آياته الليل والنهار والشمس والقمر لا تسجدوا للشمس ولا للقمر واسجدوا لله الذي خلقهن إن كنتم إياه تعبدون ٣٧

38 ਜੇ ਫੇਰ ਵੀ ਉਹ (ਕਾਫ਼ਿਰ) ਹੰਕਾਰ ਤੇ ਘਮੰਡ ਕਰਨ[1] (ਤਾਂ ਕੋਈ ਪਰਵਾਹ ਨਹੀਂ ਕਿਉਂ ਜੋ) ਉਹ (ਫ਼ਰਿਸ਼ਤੇ) ਜਿਹੜੇ ਤੁਹਾਡੇ ਰੱਬ ਦੇ ਨਿਕਟਵਰਤੀ ਹਨ,

فإن استكبروا فالذين عند ربك يسبحون له بالليل والنهار وهم لا يسأمون ٣٨ ۩

[1] ਵੇਖੋ ਸੂਰਤ ਅਲ-ਹੱਜ, ਹਾਸ਼ੀਆ ਆਇਤ 9/22

ਉਹ ਰਾਤ ਦਿਨ (ਭਾਵ ਹਰ ਵੇਲੇ) ਉਸ ਦੀ ਤਸਬੀਹ (ਵਡਿਆਈ) ਕਰਦੇ ਹਨ ਅਤੇ ਉਹ ਕਦੇ ਥੱਕਦੇ ਨਹੀਂ।

39. ਉਸ (ਰੱਬ) ਦੀਆਂ ਨਿਸ਼ਾਨੀਆਂ ਵਿੱਚੋਂ ਇਹ ਵੀ ਹੈ ਕਿ ਤੁਸੀਂ ਧਰਤੀ ਨੂੰ ਦਬੀ ਹੋਈ (ਬੰਜਰ) ਵੇਖਦੇ ਹੋ। ਜਦੋਂ ਅਸੀਂ ਉਸ 'ਤੇ ਮੀਂਹ ਪਾਉਂਦੇ ਹਾਂ ਤਾਂ ਉਹ ਹਰੀ ਭਰੀ ਹੋ ਉਠਦੀ ਹੈ। (ਇਸੇ ਤਰ੍ਹਾਂ) ਜਿਸ ਨੇ ਇਸ (ਧਰਤੀ) ਨੂੰ ਜਿਉਂਦਾ ਕੀਤਾ ਹੈ ਉਹ ਮੁਰਦਿਆਂ ਨੂੰ ਵੀ ਜਿਉਂਦਾ ਕਰ ਸਕਦਾ ਹੈ। ਬੇਸ਼ੱਕ ਉਹ ਹਰੇਕ ਚੀਜ਼ ਨੂੰ ਪੈਦਾ ਕਰਨ ਦੀ ਸਮਰਥਾ ਰੱਖਦਾ ਹੈ।

وَمِنْ اٰيٰتِهٖٓ اَنَّكَ تَرَى الْاَرْضَ خَاشِعَةً فَاِذَآ اَنْزَلْنَا عَلَيْهَا الْمَآءَ اهْتَزَّتْ وَرَبَتْ ۭ اِنَّ الَّذِيْٓ اَحْيَاهَا لَمُحْيِ الْمَوْتٰى ۭ اِنَّهٗ عَلٰي كُلِّ شَيْءٍ قَدِيْرٌ ۝۳۹

40. ਜਿਹੜੇ ਲੋਕ ਸਾਡੀਆਂ ਆਇਤਾਂ (ਕੁਰਆਨ) ਵਿਚ ਵਿੰਗ ਵਲ ਲੱਭਦੇ ਹਨ ਉਹ ਸਾਥੋਂ ਲੁਕੇ ਹੋਏ ਨਹੀਂ। (ਜ਼ਰਾ ਸੋਚੋ) ਕਿ ਜਿਹੜਾ ਅੱਗ ਵਿਚ ਸੁੱਟਿਆ ਜਾਵੇ ਉਹ ਚੰਗਾ ਹੈ ਜਾਂ ਜਿਹੜਾ ਕਿਆਮਤ ਵਾਲੇ ਦਿਨ ਅਮਨ-ਅਮਾਨ ਵਿਚ ਰਹੇ? ਤੁਸੀਂ ਭਾਵੇਂ ਜੋ ਚਾਹੋ ਕਰੋ ਉਹ ਤੁਹਾਡਾ ਸਭ ਕੀਤਾ ਕਰਾਇਆ ਵੇਖ ਰਿਹਾ ਹੈ।

اِنَّ الَّذِيْنَ يُلْحِدُوْنَ فِيْٓ اٰيٰتِنَا لَا يَخْفَوْنَ عَلَيْنَا ۭ اَفَمَنْ يُّلْقٰى فِي النَّارِ خَيْرٌ اَمْ مَّنْ يَّاْتِيْٓ اٰمِنًا يَّوْمَ الْقِيٰمَةِ ۭ اِعْمَلُوْا مَا شِئْتُمْ ۙ اِنَّهٗ بِمَا تَعْمَلُوْنَ بَصِيْرٌ ۝۴۰

41. ਜਿਨ੍ਹਾਂ ਲੋਕਾਂ ਨੇ ਜ਼ਿਕਰ (ਕੁਰਆਨ) ਨੂੰ ਨਹੀਂ ਮੰਨਿਆ ਜਦੋਂ ਕਿ ਉਹ ਉਹਨਾਂ ਕੋਲ ਆਇਆ ਸੀ, (ਅੰਤ ਉਹ ਵੇਖ ਲੈਣਗੇ ਕਿ) ਬੇਸ਼ੱਕ ਇਹ ਤਾਂ ਇਕ ਵੱਡੀ ਜ਼ੋਰਾਵਰ ਤੇ ਉੱਚ ਕੋਟੀ ਦੀ ਕਿਤਾਬ ਹੈ।

اِنَّ الَّذِيْنَ كَفَرُوْا بِالذِّكْرِ لَمَّا جَاۗءَهُمْ ۚ وَاِنَّهٗ لَكِتٰبٌ عَزِيْزٌ ۝۴۱

42. ਝੂਠ ਤਾਂ ਇਸ (ਕੁਰਆਨ) ਦੇ ਨੇੜੇ ਵੀ ਨਹੀਂ ਆ ਸਕਦਾ ਅਤੇ ਨਾ ਇਸ ਦੇ ਅੱਗਿਓਂ ਅਤੇ ਨਾ ਹੀ ਪਿੱਛਿਓਂ ਆ ਸਕਦਾ ਹੈ। ਇਹ ਤਾਂ ਅਤਿ ਹਿਕਮਤਾਂ ਵਾਲੀ ਤੇ ਸ਼ਲਾਘਾਯੋਗ ਹਸਤੀ ਵੱਲੋਂ ਉਤਾਰਿਆ ਗਿਆ ਹੈ।

لَّا يَاْتِيْهِ الْبَاطِلُ مِنْۢ بَيْنِ يَدَيْهِ وَلَا مِنْ خَلْفِهٖ ۭ تَنْزِيْلٌ مِّنْ حَكِيْمٍ حَمِيْدٍ ۝۴۲

43 (ਹੇ ਨਬੀ!) ਤੁਹਾਨੂੰ ਵੀ ਉਹੀਓ ਕਿਹਾ ਜਾਂਦਾ ਹੈ ਜਿਹੜਾ ਤੁਹਾਥੋਂ ਪਹਿਲੇ ਰਸੂਲਾਂ ਨੂੰ ਕਿਹਾ ਗਿਆ ਹੈ। ਬੇਸ਼ੱਕ ਤੁਹਾਡਾ ਰੱਬ ਬਖ਼ਸ਼ਣਹਾਰ ਵੀ ਹੈ ਅਤੇ ਦਰਦਨਾਕ ਅਜ਼ਾਬ ਦੇਣ ਵਾਲਾ ਵੀ ਹੈ।

مَا يُقَالُ لَكَ إِلَّا مَا قَدْ قِيلَ لِلرُّسُلِ مِن قَبْلِكَ ۚ إِنَّ رَبَّكَ لَذُو مَغْفِرَةٍ وَذُو عِقَابٍ أَلِيمٍ ﴿٤٣﴾

44. ਜੇ ਅਸੀਂ ਇਸ ਕੁਰਆਨ ਨੂੰ ਅਜਮੀ (ਅਰਬੀ ਤੋਂ ਛੁੱਟ ਕਿਸੇ ਹੋਰ) ਭਾਸ਼ਾ ਵਿਚ ਉਤਾਰਦੇ ਤਾਂ ਉਹ (ਕਾਫ਼ਿਰ) ਆਖਦੇ ਕਿ ਇਸ ਦੀਆਂ ਆਇਤਾਂ ਦਾ ਵਰਣਨ ਸਪਸ਼ਟ ਰੂਪ ਵਿਚ ਕਿਉਂ ਨਹੀਂ ਕੀਤਾ ਗਿਆ? ਅਚਰਜ ਹੈ ਕਿ ਕਿਤਾਬ ਦੀ ਭਾਸ਼ਾ ਅਜਮੀ ਅਤੇ ਪੈਗ਼ੰਬਰ ਅਰਬੀ? (ਹੇ ਨਬੀ!) ਤੁਸੀਂ ਆਖੋ ਕਿ ਈਮਾਨ ਵਾਲਿਆਂ ਲਈ ਤਾਂ ਉਹ ਹਿਦਾਇਤ ਤੇ (ਮਨ ਦੇ ਰੋਗਾਂ ਦਾ) ਇਲਾਜ ਹੈ ਅਤੇ ਜਿਹੜੇ ਈਮਾਨ ਨਹੀਂ ਲਿਆਂਦੇ ਉਹਨਾਂ ਦੇ ਕੰਨਾਂ ਵਿਚ ਡਾਟ ਤੇ ਅੱਖਾਂ ਤੋਂ ਅੰਨ੍ਹੇ ਹਨ। ਇਹ ਉਹ ਲੋਕ ਹਨ (ਜਿਹੜੇ ਹੱਕ ਸੱਚ ਗੱਲ ਨਹੀਂ ਸੁਣਦੇ) ਜਿਵੇਂ ਉਹ ਦੂਰੋਂ ਪੁਕਾਰੇ ਜਾ ਰਹੇ ਹੋਣ।

وَلَوْ جَعَلْنَاهُ قُرْآنًا أَعْجَمِيًّا لَّقَالُوا لَوْلَا فُصِّلَتْ آيَاتُهُ ۖ أَأَعْجَمِيٌّ وَعَرَبِيٌّ ۗ قُلْ هُوَ لِلَّذِينَ آمَنُوا هُدًى وَشِفَاءٌ ۖ وَالَّذِينَ لَا يُؤْمِنُونَ فِي آذَانِهِمْ وَقْرٌ وَهُوَ عَلَيْهِمْ عَمًى ۚ أُولَٰئِكَ يُنَادَوْنَ مِن مَّكَانٍ بَعِيدٍ ﴿٤٤﴾

45 ਅਸੀਂ ਮੂਸਾ ਨੂੰ ਕਿਤਾਬ (ਤੌਰੈਤ) ਦਿੱਤੀ ਪਰ ਉਸ ਵਿਚ ਵੀ ਮਤਭੇਦ ਕੀਤਾ ਗਿਆ। ਜੇ ਤੇਰੇ ਰੱਬ ਵੱਲੋਂ ਇਕ ਗੱਲ ਦਾ ਪਹਿਲਾਂ ਹੀ ਫ਼ੈਸਲਾ ਨਾ ਹੋ ਗਿਆ ਹੁੰਦਾ ਤਾਂ ਉਹਨਾਂ (ਇਨਕਾਰੀਆਂ) ਦਾ ਨਿਬੇੜਾ ਕਦੋਂ ਦਾ ਹੋ ਚੁੱਕਿਆ ਹੁੰਦਾ। ਬੇਸ਼ੱਕ ਉਹ (ਇਨਕਾਰੀ) ਇਸ ਕੁਰਆਨ ਦੇ ਸੰਬੰਧ ਵਿਚ ਦੁਬਿਧਾ ਵਿਚ ਪਾ ਦੇਣ ਵਾਲੇ ਸ਼ੱਕ ਵਿਚ ਫਸੇ ਹੋਏ ਹਨ।

وَلَقَدْ آتَيْنَا مُوسَى الْكِتَابَ فَاخْتُلِفَ فِيهِ ۗ وَلَوْلَا كَلِمَةٌ سَبَقَتْ مِن رَّبِّكَ لَقُضِيَ بَيْنَهُمْ ۚ وَإِنَّهُمْ لَفِي شَكٍّ مِّنْهُ مُرِيبٍ ﴿٤٥﴾

46 ਜਿਹੜਾ ਵੀ ਕੋਈ ਭਲੇ ਕੰਮ ਕਰਦਾ ਹੈ ਉਹ ਆਪਣੇ ਹੀ ਭਲੇ ਲਈ ਕਰਦਾ ਹੈ ਅਤੇ ਜਿਹੜਾ ਮਾੜੇ ਕੰਮ ਕਰਦਾ ਹੈ ਉਸ ਦਾ ਦੋਸ਼ ਵੀ ਉਸੇ ਉੱਤੇ ਹੈ। ਤੁਹਾਡਾ ਪਾਲਣਹਾਰ ਆਪਣੇ ਬੰਦਿਆਂ ਉੱਤੇ ਕਿਸੇ ਪ੍ਰਕਾਰ ਦਾ ਜ਼ੁਲਮ ਕਰਨ ਵਾਲਾ ਨਹੀਂ।

مَّنْ عَمِلَ صَالِحًا فَلِنَفْسِهِ ۖ وَمَنْ أَسَاءَ فَعَلَيْهَا ۗ وَمَا رَبُّكَ بِظَلَّامٍ لِّلْعَبِيدِ ﴿٤٦﴾

47. ਉਸ (ਕਿਆਮਤ) ਦੇ ਆਉਣ ਦਾ ਗਿਆਨ ਉਸ (ਅੱਲਾਹ) ਵੱਲ ਹੀ ਮੋੜਿਆ ਜਾਂਦਾ ਹੈ। ਜਿਹੜਾ ਵੀ ਫਲ ਆਪਣੇ ਗ਼ਲਾਫ਼ਾਂ ਵਿੱਚੋਂ ਨਿਕਲਦਾ ਹੈ ਅਤੇ ਜਿਹੜੀ ਮਦੀਨ ਗਰਭਵਤੀ ਹੁੰਦੀ ਹੈ ਅਤੇ ਬੱਚਾ ਜਣਦੀ ਹੈ ਉਹ ਸਭ ਅੱਲਾਹ ਦੇ ਗਿਆਨ ਅਧੀਨ ਹੈ। ਅਤੇ ਜਿਸ ਦਿਨ ਉਹ ਅੱਲਾਹ ਉਹਨਾਂ (ਮੁਸ਼ਰਿਕਾਂ) ਨੂੰ ਪੁੱਛੇਗਾ ਕਿ ਮੇਰੇ ਸ਼ਰੀਕ ਕਿੱਥੇ ਹਨ? ਉਹ ਕਹਿਣਗੇ ਕਿ ਅਸੀਂ ਤਾਂ ਬੇਨਤੀ ਕਰ ਚੁੱਕੇ ਹਾਂ ਕਿ ਅੱਜ ਸਾਡੇ ਵਿੱਚੋਂ (ਸ਼ਿਰਕ ਦੀ) ਗਵਾਹੀ ਦੇਣ ਵਾਲਾ ਕੋਈ ਨਹੀਂ।

إِلَيْهِ يُرَدُّ عِلْمُ السَّاعَةِ ۚ وَمَا تَخْرُجُ مِن
ثَمَرَٰتٍ مِّنْ أَكْمَامِهَا وَمَا تَحْمِلُ مِنْ أُنثَىٰ
وَلَا تَضَعُ إِلَّا بِعِلْمِهِ ۚ وَيَوْمَ يُنَادِيهِمْ أَيْنَ
شُرَكَآءِى قَالُوٓا۟ ءَاذَنَّٰكَ مَا مِنَّا مِن
شَهِيدٍ ﴿٤٧﴾

48. ਅਤੇ ਜਿਨ੍ਹਾਂ ਦੀ ਉਹ ਪੂਜਾ ਕਰਦੇ ਸਨ ਉਹ ਸਭ ਗੁਆਚੇ ਜਾਣਗੇ ਅਤੇ ਉਹ ਸਮਝ ਲੈਣਗੇ ਕਿ ਹੁਣ ਉਹਨਾਂ ਦੇ ਨੱਸਣ ਲਈ ਕੋਈ ਰਾਹ ਨਹੀਂ।

وَضَلَّ عَنْهُم مَّا كَانُوا۟ يَدْعُونَ مِن قَبْلُ ۖ
وَظَنُّوا۟ مَا لَهُم مِّن مَّحِيصٍ ﴿٤٨﴾

49. ਮਨੁੱਖ ਭਲਾਈ (ਲਈ ਦੁਆਵਾਂ) ਮੰਗਦਾ ਕਦੇ ਵੀ ਨਹੀਂ ਥੱਕਦਾ ਅਤੇ ਜੇ ਉਸ ਨੂੰ ਕੋਈ ਬਿਪਤਾ ਆ ਖੜੀ ਹੋਵੇ ਤਾਂ ਉਹ ਨਿਰਾਸ਼ ਹੋ ਜਾਂਦਾ ਹੈ।

لَّا يَسْـَٔمُ ٱلْإِنسَٰنُ مِن دُعَآءِ ٱلْخَيْرِ وَإِن مَّسَّهُ
ٱلشَّرُّ فَيَـُٔوسٌ قَنُوطٌ ﴿٤٩﴾

50. ਜੇ ਉਸ ਬਿਪਤਾ ਮਗਰੋਂ ਅਸੀਂ ਉਸੇ ਵਿਅਕਤੀ ਨੂੰ ਆਪਣੀ ਮਿਹਰ ਦਾ ਸੁਆਦ ਚਖਾਉਂਦੇ ਹਾਂ ਤਾਂ ਉਹ ਆਖਦਾ ਹੈ ਕਿ ਇਹ ਤਾਂ ਮੇਰੇ ਹੀ ਲਈ ਹੈ ਅਤੇ ਮੈਂ ਨਹੀਂ ਸਮਝਦਾ ਕਿ ਕਿਆਮਤ ਆਵੇਗੀ। (ਅਤੇ ਆਖਦੇ ਹਨ) ਜੇਕਰ ਮੈਂ ਆਪਣੇ ਰੱਬ ਦੇ ਕੋਲ ਪਰਤਾਇਆ ਵੀ ਗਿਆ ਤਾਂ ਵੀ ਮੇਰੇ ਲਈ ਉਸ ਕੋਲ ਭਲਾਈ ਹੀ ਹੋਵੇਗੀ। ਫੇਰ ਅਸੀਂ ਉਸ ਕਾਫ਼ਿਰਾਂ ਨੂੰ ਦੱਸ ਦਿਆਂਗੇ ਜੋ ਉਹ (ਸੰਸਾਰ ਵਿਚ) ਕਰਿਆ ਕਰਦਾ ਸੀ ਅਤੇ ਅਸੀਂ ਉਹਨਾਂ ਨੂੰ ਕਰੜੀਆਂ ਸਜ਼ਾਵਾਂ ਦਾ ਸੁਆਦ ਚਖਾਵਾਂਗੇ।

وَلَئِنْ أَذَقْنَٰهُ رَحْمَةً مِّنَّا مِنۢ بَعْدِ ضَرَّآءَ مَسَّتْهُ
لَيَقُولَنَّ هَٰذَا لِى وَمَآ أَظُنُّ ٱلسَّاعَةَ قَآئِمَةً
وَلَئِن رُّجِعْتُ إِلَىٰ رَبِّىٓ إِنَّ لِى عِندَهُۥ لَلْحُسْنَىٰ ۚ
فَلَنُنَبِّئَنَّ ٱلَّذِينَ كَفَرُوا۟ بِمَا عَمِلُوا۟ وَلَنُذِيقَنَّهُم
مِّنْ عَذَابٍ غَلِيظٍ ﴿٥٠﴾

51. (ਹੇ ਨਬੀ!) ਜਦੋਂ ਅਸੀਂ ਮਨੁੱਖ ਨੂੰ ਆਪਣੀ ਮਿਹਰਾਂ ਨਾਲ ਨਿਵਾਜ਼ਦੇ ਹਾਂ ਤਾਂ ਉਹ (ਧੰਨਵਾਦੀ ਹੋਣ ਤੋਂ) ਮੂੰਹ ਮੋੜ ਲੈਂਦਾ ਹੈ ਅਤੇ ਸਗੋਂ ਆਕੜ ਕੇ

وَإِذَآ أَنْعَمْنَا عَلَى ٱلْإِنسَٰنِ أَعْرَضَ وَنَـَٔا بِجَانِبِهِۦ
وَإِذَا مَسَّهُ ٱلشَّرُّ فَذُو دُعَآءٍ عَرِيضٍ ﴿٥١﴾

ਪਰਾਂ ਹੋ ਜਾਂਦਾ ਹੈ ਅਤੇ ਜਦੋਂ ਕੋਈ ਬਿਪਤਾ ਆ ਪਹੁੰਚਦੀ ਹੈ ਤਾਂ ਲੰਮੀਆਂ ਲੰਮੀਆਂ ਦੁਆਵਾਂ ਕਰਨ ਵਾਲਾ ਬਣ ਜਾਂਦਾ ਹੈ।

52. (ਹੇ ਨਬੀ!) ਤੁਸੀਂ ਆਖ ਦਿਓ ਕਿ (ਹੇ ਇਨਕਾਰੀਓ!) ਰਤਾ ਇਹ ਤਾਂ ਦੱਸੋ ਕਿ ਜੇ ਇਹ (ਕ਼ੁਰਆਨ) ਅੱਲਾਹ ਵੱਲੋਂ ਹੋਵੇ ਅਤੇ ਤੁਸੀਂ ਇਸ ਦਾ ਇਨਕਾਰ ਕਰੋ, ਤਾਂ ਫੇਰ ਉਸ ਵਿਅਕਤੀ ਤੋਂ ਵੱਧ ਰਾਹੋਂ ਭਟਕਿਆਂ ਹੋਇਆ ਕੌਣ ਹੋਵੇਗਾ, ਜਿਹੜਾ ਇਸ (ਹੱਕ) ਦੀ ਵਿਰੋਧਤਾ ਕਰਦਾ ਹੋਇਆ ਦੂਰ ਤਕ ਚਲਿਆ ਜਾਵੇ।

قُلْ أَرَءَيْتُمْ إِن كَانَ مِنْ عِندِ ٱللَّهِ ثُمَّ كَفَرْتُم بِهِۦ مَنْ أَضَلُّ مِمَّنْ هُوَ فِى شِقَاقٍۭ بَعِيدٍ ٥٢

53. ਬਹੁਤ ਛੇਤੀ ਅਸੀਂ ਉਹਨਾਂ ਨੂੰ ਆਪਣੀਆਂ ਨਿਸ਼ਾਨੀਆਂ ਸੰਸਾਰ ਵਿਚ ਵੀ ਵਿਖਾਵਾਂਗੇ ਅਤੇ ਉਹਨਾਂ ਦੀ ਆਪਣੀ ਜ਼ਾਤ ਵਿਚ ਵੀ ਵਿਖਾਵਾਂਗੇ, ਇੱਥੋਂ ਤਕ ਕਿ ਇਹ ਗੱਲ ਉਹਨਾਂ ਉੱਤੇ ਸਪਸ਼ਟ ਹੋ ਜਾਵੇਗੀ ਕਿ ਬੇਸ਼ੱਕ ਇਹ ਕ਼ੁਰਆਨ ਹੱਕ ਹੈ। ਕੀ ਇਹ ਗੱਲ ਕਾਫ਼ੀ ਨਹੀਂ ਕਿ ਤੁਹਾਡਾ ਰੱਬ ਹਰ ਚੀਜ਼ ਦਾ ਗਵਾਹ ਹੈ?

سَنُرِيهِمْ ءَايَٰتِنَا فِى ٱلْءَافَاقِ وَفِىٓ أَنفُسِهِمْ حَتَّىٰ يَتَبَيَّنَ لَهُمْ أَنَّهُ ٱلْحَقُّ ۗ أَوَلَمْ يَكْفِ بِرَبِّكَ أَنَّهُۥ عَلَىٰ كُلِّ شَىْءٍ شَهِيدٌ ٥٣

54 ਖ਼ਬਰਦਾਰ! ਬੇਸ਼ੱਕ ਉਹ ਲੋਕ ਆਪਣੇ ਰੱਬ ਦੀ ਮਿਲਣੀ ਵਿਚ ਸ਼ੱਕ ਵਿਚ ਹਨ। ਖ਼ਬਰਦਾਰ ਬੇਸ਼ੱਕ ਉਸ ਨੇ ਹਰੇਕ ਚੀਜ਼ ਨੂੰ ਆਪਣੇ ਘੇਰੇ ਵਿਚ ਕਰ ਰੱਖਿਆ ਹੈ।

أَلَآ إِنَّهُمْ فِى مِرْيَةٍ مِّن لِّقَآءِ رَبِّهِمْ ۗ أَلَآ إِنَّهُۥ بِكُلِّ شَىْءٍ مُّحِيطٌۢ ٥٤

42. ਸੂਰਤ ਅਸ਼-ਸ਼ੂਰਾ (ਮੱਕੀ-62)

(ਆਇਤਾਂ 53, ਰੁਕੂਅ 5)

سُورَةُ الشُّورَىٰ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹੀਮ ਫ਼ਰਮਾਉਣ ਵਾਲਾ ਹੈ।

بِسْمِ ٱللَّهِ ٱلرَّحْمَٰنِ ٱلرَّحِيمِ

1. ਹਾ, ਮੀਮ।

حمٓ ١

2 ਐਨ, ਸੀਨ, ਕਾਫ਼।

عٓسٓقٓ ٢

3. (ਹੇ ਰਸੂਲ!) ਅੱਲਾਹ ਜਿਹੜਾ ਜ਼ੋਰਾਵਰ ਤੇ ਯੁਕਤੀਮਾਨ ਹੈ, ਉਹ ਤੁਹਾਡੇ ਵੱਲ ਵੀ ਅਤੇ ਇਸੇ ਤਰ੍ਹਾਂ ਤੁਹਾਥੋਂ ਪਹਿਲਾਂ ਬੀਤ ਚੁੱਕੇ ਲੋਕਾਂ ਵੱਲ ਵੀ ਵਹੀ (ਰੱਬੀ ਪੈਗ਼ਾਮ) ਭੇਜਦਾ ਰਿਹਾ ਹੈ।[1]

كَذٰلِكَ يُوحِيٓ إِلَيْكَ وَإِلَى ٱلَّذِينَ مِن قَبْلِكَ ٱللَّهُ ٱلْعَزِيزُ ٱلْحَكِيمُ ٣

4 ਅਕਾਸ਼ਾਂ ਤੇ ਧਰਤੀ ਵਿਚ ਜਿਹੜਾ ਕੁੱਝ ਵੀ ਹੈ ਉਹ ਸਭ ਉਸੇ ਦਾ ਹੈ। ਉਹ ਸਰਵਉੱਚ ਤੇ ਵੱਡੀਆਂ ਸ਼ਾਨਾਂ ਵਾਲਾ ਹੈ।

لَهُۥ مَا فِي ٱلسَّمٰوٰتِ وَمَا فِي ٱلْأَرْضِ ۖ وَهُوَ ٱلْعَلِيُّ ٱلْعَظِيمُ ٤

5. ਹੋ ਸਕਦਾ ਹੈ ਕਿ ਅਕਾਸ਼ (ਅੱਲਾਹ ਦੇ ਜਲਾਲ ਤੋਂ ਡਰਦੇ ਹੋਏ) ਆਪਣੇ ਉੱਤੋਂ ਪਾਟ ਜਾਣ। ਫ਼ਰਿਸ਼ਤੇ ਆਪਣੇ ਪਾਲਣਹਾਰ ਦੀ ਸ਼ਲਾਘਾ ਕਰਦੇ ਹੋਏ ਉਸ ਦੀ ਤਸਬੀਹ (ਸਿਮਰਨ) ਕਰ ਰਹੇ ਹਨ ਅਤੇ ਧਰਤੀ ਦੇ ਵਸਨੀਕਾਂ ਲਈ ਬਖ਼ਸ਼ਿਸ਼ ਦੀਆਂ ਅਰਦਾਸਾਂ ਕਰਦੇ ਹਨ। ਚੇਤੇ ਰਹੇ ਕਿ ਬੇਸ਼ੱਕ ਅੱਲਾਹ ਹੀ ਵੱਡਾ ਬਖ਼ਸ਼ਣਹਾਰ ਤੇ ਮਿਹਰਾਂ ਵਾਲਾ ਹੈ।

تَكَادُ ٱلسَّمٰوٰتُ يَتَفَطَّرْنَ مِن فَوْقِهِنَّ وَٱلْمَلَٰٓئِكَةُ يُسَبِّحُونَ بِحَمْدِ رَبِّهِمْ وَيَسْتَغْفِرُونَ لِمَن فِي ٱلْأَرْضِ ۗ أَلَآ إِنَّ ٱللَّهَ هُوَ ٱلْغَفُورُ ٱلرَّحِيمُ ٥

6 ਜਿਨ੍ਹਾਂ ਲੋਕਾਂ ਨੇ ਅੱਲਾਹ ਨੂੰ ਛੱਡ ਕੇ ਦੂਜਿਆਂ ਨੂੰ ਆਪਣਾ ਕਾਰਜ ਸਾਧਕ ਬਣਾ ਲਿਆ ਹੈ, ਅੱਲਾਹ ਹੀ ਉਹਨਾਂ ਦਾ ਨਿਗਰਾਨ ਹੈ। (ਹੇ ਮੁਹੰਮਦ!) ਤੁਸੀਂ ਉਹਨਾਂ ਦੇ ਜ਼ਿੰਮੇਵਾਰ ਨਹੀਂ।

وَٱلَّذِينَ ٱتَّخَذُوا۟ مِن دُونِهِۦٓ أَوْلِيَآءَ ٱللَّهُ حَفِيظٌ عَلَيْهِمْ ۖ وَمَآ أَنتَ عَلَيْهِم بِوَكِيلٍ ٦

7. (ਹੇ ਨਬੀ!) ਇਸੇ ਤਰ੍ਹਾਂ ਅਸੀਂ ਤੁਹਾਡੇ ਵੱਲ ਅਰਬੀ (ਭਾਸ਼ਾ ਵਿਚ) ਕੁਰਆਨ ਇਸ ਲਈ ਘੱਲਿਆ ਹੈ ਤਾਂ ਜੋ ਤੁਸੀਂ ਮੱਕੇ ਵਾਲਿਆਂ ਨੂੰ ਅਤੇ ਇਸ ਦੇ ਆਲੇ-ਦੁਆਲੇ ਵਸਣ ਵਾਲਿਆਂ ਨੂੰ ਸੁਚੇਤ ਕਰ ਦਿਓ ਅਤੇ ਇਕੱਠਿਆਂ ਹੋਣ ਵਾਲੇ ਦਿਹਾੜੇ (ਭਾਵ ਕਿਆਮਤ) ਤੋਂ ਡਰਾ ਦਿਓ, ਜਿਸ ਦੇ ਆਉਣ ਵਿਚ ਕੋਈ ਵੀ ਸ਼ੱਕ ਨਹੀਂ। (ਉਸ ਦਿਨ) ਲੋਕਾਂ ਦਾ

وَكَذٰلِكَ أَوْحَيْنَآ إِلَيْكَ قُرْءَانًا عَرَبِيًّا لِّتُنذِرَ أُمَّ ٱلْقُرَىٰ وَمَنْ حَوْلَهَا وَتُنذِرَ يَوْمَ ٱلْجَمْعِ لَا رَيْبَ فِيهِ ۚ فَرِيقٌ فِي ٱلْجَنَّةِ وَفَرِيقٌ فِي ٱلسَّعِيرِ ٧

---

[1] ਵੇਖੋ ਸੂਰਤ ਅਨ-ਨਿਸਾ, ਹਾਸ਼ੀਆ ਆਇਤ 163/4

ਇਕ ਧੜਾ ਜੰਨਤ ਵਿਚ ਜਾਵੇਗਾ ਤੇ ਦੂਜਾ (ਧੜਾ) ਭੜਕਣ ਵਾਲੀ ਅਗ ਵਿਚ ਵਿਚ ਜਾਵੇਗਾ।[1]

8 ਜੇ ਅੱਲਾਹ ਚਾਹੁੰਦਾ ਤਾਂ ਇਹਨਾਂ ਸਾਰਿਆਂ ਨੂੰ ਇਕ ਹੀ ਉੱਮਤ (ਮੁਦਾਇ) ਬਣਾ ਦਿੰਦਾ, ਪਰ ਉਹ ਜਿਸ ਨੂੰ ਚਾਹੁੰਦਾ ਹੈ (ਹਿਦਾਇਤ ਦੇ ਕੇ) ਆਪਣੀਆਂ ਮਿਹਰਾਂ ਵਿਚ ਦਾਖ਼ਲ ਕਰ ਲੈਂਦਾ ਹੈ ਅਤੇ ਜ਼ਾਲਮਾਂ ਦਾ ਨਾ ਕੋਈ ਮਿੱਤਰ ਹੈ ਅਤੇ ਨਾ ਹੀ ਕੋਈ ਸਹਾਈ।

وَلَوْ شَاءَ اللَّهُ لَجَعَلَهُمْ أُمَّةً وَاحِدَةً وَلَٰكِن
يُدْخِلُ مَن يَشَاءُ فِي رَحْمَتِهِ ۚ وَالظَّالِمُونَ
مَا لَهُم مِّن وَلِيٍّ وَلَا نَصِيرٍ ﴿٨﴾

9 ਕੀ ਉਹਨਾਂ ਲੋਕਾਂ ਨੇ ਉਸ (ਅੱਲਾਹ) ਤੋਂ ਛੁੱਟ ਦੂਜਿਆਂ ਨੂੰ ਕਾਰਜ-ਸਾਧਕ ਬਣਾ ਲਿਆ ਹੈ? ਕਾਰਜ-ਸਾਧਕ ਤਾਂ ਕੇਵਲ ਅੱਲਾਹ ਹੀ ਹੈ, ਉਹੀਓ ਮੋਇਆਂ ਨੂੰ (ਕਿਆਮਤ ਦਿਹਾੜੇ) ਸੁਰਜੀਤ ਕਰੇਗਾ। ਉਹ ਹਰ ਪ੍ਰਕਾਰ ਦੀ ਸਮਰਥਾ ਰੱਖਦਾ ਹੈ।

أَمِ اتَّخَذُوا مِن دُونِهِ أَوْلِيَاءَ ۖ فَاللَّهُ
هُوَ الْوَلِيُّ وَهُوَ يُحْيِي الْمَوْتَىٰ وَهُوَ عَلَىٰ كُلِّ
شَيْءٍ قَدِيرٌ ﴿٩﴾

10 (ਧਰਮ ਦੇ ਸੰਬੰਧ ਵਿਚ) ਜਿਸ ਗੱਲ ਵਿਚ ਵੀ ਤੁਸੀਂ ਮਤਭੇਦ ਰਖਦੇ ਹੋ ਉਸ ਦਾ ਫ਼ੈਸਲਾ ਕਰਨਾ ਅੱਲਾਹ ਦੇ ਜ਼ਿੰਮੇ ਹੈ। ਉਹੀਓ ਅੱਲਾਹ ਮੇਰਾ ਰੱਬ ਹੈ, ਉਸੇ ਉੱਤੇ ਮੇਰਾ ਭਰੋਸਾ ਹੈ ਅਤੇ ਮੈਂ ਉਸ ਵੱਲ ਮੁੜ ਆਉਂਦਾ ਹਾਂ।

وَمَا اخْتَلَفْتُمْ فِيهِ مِن شَيْءٍ فَحُكْمُهُ إِلَى اللَّهِ ۚ
ذَٰلِكُمُ اللَّهُ رَبِّي عَلَيْهِ تَوَكَّلْتُ وَإِلَيْهِ أُنِيبُ ﴿١٠﴾

11 ਅਕਾਸ਼ਾਂ ਤੇ ਧਰਤੀ ਦਾ ਸਿਰਜਨਹਾਰ ਵੀ ਉਹੀਓ ਹੈ। ਉਸੇ ਨੇ ਤੁਹਾਡੀ ਜਿਨਸ ਵਿੱਚੋਂ ਤੁਹਾਡੇ ਲਈ ਜੋੜੇ ਬਣਾਏ ਅਤੇ ਪਸ਼ੂਆਂ ਵਿੱਚੋਂ ਵੀ ਉਹਨਾਂ ਦੀ ਜਿਨਸ ਦੇ ਜੋੜੇ ਬਣਾਏ। ਇਸ ਤਰ੍ਹਾਂ ਉਹ ਤੁਹਾਡੀਆਂ ਨਸਲਾਂ ਨੂੰ ਫੈਲਾਉਂਦਾ ਰਹਿੰਦਾ ਹੈ। (ਸ੍ਰਿਸ਼ਟੀ ਦੀ) ਕੋਈ ਵੀ ਸ਼ੈਅ ਉਸ ਵਰਗੀ ਨਹੀਂ। ਉਹ (ਹਰ ਗੱਲ ਨੂੰ) ਚੰਗੀ ਤਰ੍ਹਾਂ ਸੁਣਦਾ ਹੈ ਤੇ (ਹਰ ਕੰਮ ਨੂੰ) ਚੰਗੀ ਤਰ੍ਹਾਂ ਵੇਖਦਾ ਹੈ।

فَاطِرُ السَّمَاوَاتِ وَالْأَرْضِ ۚ جَعَلَ لَكُم مِّنْ أَنفُسِكُمْ
أَزْوَاجًا وَمِنَ الْأَنْعَامِ أَزْوَاجًا ۖ يَذْرَؤُكُمْ فِيهِ ۚ
لَيْسَ كَمِثْلِهِ شَيْءٌ ۖ وَهُوَ السَّمِيعُ الْبَصِيرُ ﴿١١﴾

1 ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

لَهُۥ مَقَالِيدُ ٱلسَّمَٰوَٰتِ وَٱلْأَرْضِ ۖ يَبْسُطُ ٱلرِّزْقَ لِمَن يَشَآءُ وَيَقْدِرُ ۚ إِنَّهُۥ بِكُلِّ شَىْءٍ عَلِيمٌ ﴿١٢﴾

12 ਅਕਾਸ਼ਾਂ ਤੇ ਧਰਤੀ ਦੇ ਖ਼ਜ਼ਾਨਿਆਂ ਦੀਆਂ ਕੁੰਜੀਆਂ ਉਸੇ ਕੋਲ ਹਨ। ਉਹ ਜਿਸ ਨੂੰ ਚਾਹੁੰਦਾ ਹੈ, ਖੁੱਲ੍ਹਾ ਡੁੱਲ੍ਹਾ ਰਿਜ਼ਕ ਦਿੰਦਾ ਹੈ ਅਤੇ ਜਿਸ ਲਈ ਚਾਹੁੰਦਾ ਹੈ, ਰੋਜ਼ੀ ਵਿਚ ਤੰਗੀ ਕਰ ਦਿੰਦਾ ਹੈ। ਬੇਸ਼ੱਕ ਉਹ ਹਰੇਕ ਚੀਜ਼ ਤੋਂ ਚੰਗੀ ਤਰ੍ਹਾਂ ਜਾਣੂ ਹੈ।

شَرَعَ لَكُم مِّنَ ٱلدِّينِ مَا وَصَّىٰ بِهِۦ نُوحًا وَٱلَّذِىٓ أَوْحَيْنَآ إِلَيْكَ وَمَا وَصَّيْنَا بِهِۦٓ إِبْرَٰهِيمَ وَمُوسَىٰ وَعِيسَىٰٓ ۖ أَنْ أَقِيمُوا۟ ٱلدِّينَ وَلَا تَتَفَرَّقُوا۟ فِيهِ ۚ كَبُرَ عَلَى ٱلْمُشْرِكِينَ مَا تَدْعُوهُمْ إِلَيْهِ ۚ ٱللَّهُ يَجْتَبِىٓ إِلَيْهِ مَن يَشَآءُ وَيَهْدِىٓ إِلَيْهِ مَن يُنِيبُ ﴿١٣﴾

13 (ਹੇ ਮੁਹੰਮਦ!) ਉਸ ਨੇ ਤੁਹਾਡੇ ਲਈ ਵੀ ਉਹੀਓ ਧਰਮ ਨਿਯਤ ਕੀਤਾ ਹੈ, ਜਿਸ ਦਾ ਹੁਕਮ ਉਸ ਨੇ ਨੂਹ ਨੂੰ ਦਿੱਤਾ ਸੀ ਅਤੇ ਅਸੀਂ ਉਹੀ ਵਹੀ ਤੁਹਾਡੇ ਵੱਲ ਭੇਜੀ ਹੈ ਅਤੇ ਇਸੇ ਦਾ ਤਾਕੀਦੀ ਹੁਕਮ ਅਸੀਂ ਇਬਰਾਹੀਮ, ਮੂਸਾ ਅਤੇ ਈਸਾ ਨੂੰ ਦਿੱਤਾ ਸੀ ਕਿ ਤੁਸੀਂ ਸਾਰੇ ਇਸੇ ਦੀਨ ਨੂੰ ਕਾਇਮ ਰੱਖੋ ਅਤੇ ਤੁਸੀਂ ਇਸ ਵਿਚ ਅੱਡੋ-ਅੱਡ ਨਾ ਹੋ ਜਾਣਾ।[1] (ਹੇ ਨਬੀ!) ਜਿਸ ਗੱਲ (ਭਾਵ ਇਕ ਅੱਲਾਹ) ਵੱਲ ਤੁਸੀਂ ਉਹਨਾਂ ਨੂੰ ਸੱਦਾ ਦੇ ਰਹੇ ਹੋ, ਇਹੋ ਗੱਲ ਇਹਨਾਂ ਮੁਸ਼ਰਿਕਾਂ ਨੂੰ ਅਤਿ ਭੈੜੀ ਜਾਪਦੀ ਹੈ। ਅੱਲਾਹ ਜਿਸ ਨੂੰ ਚਾਹੁੰਦਾ ਹੈ ਆਪਣੇ ਲਈ ਚੁਣ ਲੈਂਦਾ ਹੈ ਅਤੇ ਹਿਦਾਇਤ ਉਸੇ ਨੂੰ ਬਖ਼ਸ਼ਦਾ ਹੈ ਜਿਹੜਾ ਉਸ ਵੱਲ ਮੁੜ ਆਉਂਦਾ ਹੈ।

وَمَا تَفَرَّقُوٓا۟ إِلَّا مِنۢ بَعْدِ مَا جَآءَهُمُ ٱلْعِلْمُ بَغْيًۢا بَيْنَهُمْ ۚ وَلَوْلَا كَلِمَةٌ سَبَقَتْ مِن رَّبِّكَ إِلَىٰٓ أَجَلٍ مُّسَمًّى لَّقُضِىَ بَيْنَهُمْ ۚ وَإِنَّ ٱلَّذِينَ أُورِثُوا۟ ٱلْكِتَٰبَ مِنۢ بَعْدِهِمْ لَفِى شَكٍّ مِّنْهُ مُرِيبٍ ﴿١٤﴾

14. ਉਹ ਲੋਕ ਆਪਣੇ ਕੋਲ ਗਿਆਨ ਆ ਚੁੱਕਣ ਮਗਰੋਂ ਕੇਵਲ ਆਪਣੇ ਵਿਚਾਲੇ ਦੀ ਹਟ ਧਰਮੀ ਕਾਰਨ ਧੜੇਬੰਦੀ ਦਾ ਸ਼ਿਕਾਰ ਹੋਏ। (ਹੇ ਨਬੀ) ਜੇ ਤੁਹਾਡੇ ਰੱਬ ਵੱਲੋਂ ਇਕ ਨਿਯਤ ਸਮੇਂ ਤਕ ਲਈ ਫ਼ੈਸਲਾ ਅੱਗੇ ਪਾਉਣ ਦੀ ਗੱਲ ਪਹਿਲਾਂ ਤੋਂ ਹੀ ਨਾ ਆਖੀ ਹੁੰਦੀ ਤਾਂ ਉਹਨਾਂ ਦਾ ਨਿਬੇੜਾ ਕਦੋਂ ਦਾ ਹੋ ਚੁੱਕਿਆ ਹੁੰਦਾ। ਜਿਹੜੇ ਲੋਕ ਉਹਨਾਂ ਤੋਂ ਬਾਅਦ

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 103/3

ਅੱਲਾਹ ਦੀ ਕਿਤਾਬ ਦੇ ਵਾਰਸ ਬਣਾਏ ਗਏ ਉਹ ਉਸ ਪ੍ਰਤੀ ਦੁਵਿਧਾ ਭਰੇ ਸ਼ੱਕ ਵਿਚ ਹਨ।

15. ਸੋ (ਹੇ ਮੁਹੰਮਦ!) ਤੁਸੀਂ ਲੋਕਾਂ ਨੂੰ ਇਸੇ (ਧਰਮ ਇਸਲਾਮ) ਵੱਲ ਸੱਦਾ ਦਿਓ ਅਤੇ ਜਿਹੜਾ ਤੁਹਾਨੂੰ ਹੁਕਮ ਦਿੱਤਾ ਗਿਆ ਹੈ ਉਸੇ ਉੱਤੇ ਦ੍ਰਿੜ੍ਹਤਾ ਪੂਰਬਕ ਡਟ ਜਾਓ। ਇਹਨਾਂ ਲੋਕਾਂ ਦੀਆਂ ਕਾਮਨਾਵਾਂ ਦੇ ਪਿੱਛੇ ਨਾ ਤੁਰੋ ਅਤੇ ਆਖ ਦਿਓ ਕਿ ਜਿਹੜੀ ਕਿਤਾਬ ਅੱਲਾਹ ਨੇ ਉਤਾਰੀ ਹੈ ਮੈਂ ਉਸ ਉੱਤੇ ਈਮਾਨ ਲਿਆਇਆ ਹਾਂ ਅਤੇ ਮੈਨੂੰ ਹੁਕਮ ਹੋਇਆ ਹੈ ਕਿ ਮੈਂ ਤੁਹਾਡੇ ਵਿਚਾਲੇ ਇਨਸਾਫ਼ ਕਰਾਂ। ਸਾਡਾ ਪਾਲਣਹਾਰ ਵੀ ਅੱਲਾਹ ਹੈ ਅਤੇ ਤੁਹਾਡਾ ਪਾਲਣਹਾਰ ਵੀ ਓਹੀਓ ਹੈ। ਸਾਡੀਆਂ ਕਰਨੀਆਂ ਸਾਡੇ ਲਈ ਹਨ ਅਤੇ ਤੁਹਾਡੀਆਂ ਕਰਨੀਆਂ ਤੁਹਾਡੇ ਲਈ ਹਨ। ਤੁਹਾਡੇ ਤੇ ਸਾਡੇ ਵਿਚਾਲੇ ਕੋਈ ਝਗੜਾ ਨਹੀਂ। (ਕਿਆਮਤ ਦਿਹਾੜੇ) ਅੱਲਾਹ ਸਾਨੂੰ ਸਾਰਿਆਂ ਨੂੰ ਜਮ੍ਹਾਂ ਕਰੇਗਾ ਅਤੇ ਉਸੇ ਵੱਲ ਸਾਰਿਆਂ ਨੇ ਪਰਤਣਾ ਹੈ।

فَلِذَٰلِكَ فَادْعُ ۖ وَاسْتَقِمْ كَمَا أُمِرْتَ ۖ وَلَا تَتَّبِعْ
أَهْوَاءَهُمْ ۖ وَقُلْ آمَنتُ بِمَا أَنزَلَ اللَّهُ مِن
كِتَابٍ ۖ وَأُمِرْتُ لِأَعْدِلَ بَيْنَكُمُ ۖ اللَّهُ رَبُّنَا
وَرَبُّكُمْ ۖ لَنَا أَعْمَالُنَا وَلَكُمْ أَعْمَالُكُمْ ۖ
لَا حُجَّةَ بَيْنَنَا وَبَيْنَكُمُ ۖ اللَّهُ يَجْمَعُ بَيْنَنَا ۖ
وَإِلَيْهِ الْمَصِيرُ ﴿١٥﴾

16 ਜਿਹੜੇ ਲੋਕ ਅੱਲਾਹ ਦੇ ਸੱਦੇ ਨੂੰ ਪਰਵਾਨ ਕਰ ਲੈਣ ਤੋਂ ਬਾਅਦ ਅੱਲਾਹ ਦੇ ਸੰਬੰਧ ਵਿਚ ਵਾਦ-ਵਿਵਾਦ ਕਰਦੇ ਹਨ, ਉਹਨਾਂ ਦੀਆਂ ਇਹ ਦਲੀਲਾਂ ਉਹਨਾਂ ਦੇ ਰੱਬ ਦੀਆਂ ਨਜ਼ਰਾਂ ਵਿਚ ਝੂਠੀਆਂ ਹਨ। (ਅੱਲਾਹ ਦਾ) ਉਹਨਾਂ ਉੱਤੇ ਕਰੋਪ ਹੈ ਅਤੇ ਉਹਨਾਂ ਲਈ ਕਰੜਾ ਅਜ਼ਾਬ ਹੈ।[1]

وَالَّذِينَ يُحَاجُّونَ فِي اللَّهِ مِن بَعْدِ مَا
اسْتُجِيبَ لَهُ حُجَّتُهُمْ دَاحِضَةٌ عِندَ رَبِّهِمْ
وَعَلَيْهِمْ غَضَبٌ وَلَهُمْ عَذَابٌ شَدِيدٌ ﴿١٦﴾

17. ਅੱਲਾਹ ਉਹ ਹੈ ਜਿਸ ਨੇ ਹੱਕ ਸੱਚ ਨਾਲ ਇਹ ਕਿਤਾਬ ਅਤੇ ਮੀਜ਼ਾਨ (ਇਨਸਾਫ਼ ਕਰਨ ਵਾਲੀ ਤਕੜੀ) ਨੂੰ ਉਤਾਰਿਆ। ਤੁਸੀਂ ਕੀ ਜਾਣੋ! ਹੋ ਸਕਦਾ ਹੈ ਕਿ ਕਿਆਮਤ ਨੇੜੇ ਹੀ ਹੋਵੇ।

اللَّهُ الَّذِي أَنزَلَ الْكِتَابَ بِالْحَقِّ وَالْمِيزَانَ ۗ
وَمَا يُدْرِيكَ لَعَلَّ السَّاعَةَ قَرِيبٌ ﴿١٧﴾

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

يَسْتَعْجِلُ بِهَا الَّذِينَ لَا يُؤْمِنُونَ بِهَا ۖ وَالَّذِينَ
آمَنُوا مُشْفِقُونَ مِنْهَا وَيَعْلَمُونَ أَنَّهَا الْحَقُّ ۗ
أَلَا إِنَّ الَّذِينَ يُمَارُونَ فِي السَّاعَةِ لَفِي
ضَلَالٍ بَعِيدٍ ﴿١٨﴾

18. ਜਿਹੜੇ ਲੋਕੀ ਉਸ (ਕਿਆਮਤ) ਉੱਤੇ ਵਿਸ਼ਵਾਸ ਨਹੀਂ ਰੱਖਦੇ, ਉਹ ਤਾਂ ਉਸ ਲਈ ਕਾਹਲੀਆਂ ਪਾ ਰਹੇ ਹਨ। ਪਰ ਜਿਨ੍ਹਾਂ ਦਾ ਉਸ ਉੱਤੇ ਈਮਾਨ ਹੈ ਉਹ ਉਸ ਤੋਂ ਡਰਦੇ ਹਨ ਕਿਉਂ ਜੋ ਉਹ ਜਾਣਦੇ ਹਨ ਕਿ ਉਸ ਦਾ ਆਉਣਾ ਅਟਲ ਸੱਚਾਈ ਹੈ। ਸਾਵਧਾਨ ਰਹੋ! ਜਿਹੜੇ ਲੋਕ ਕਿਆਮਤ ਦੇ ਬਾਰੇ ਝਗੜਦੇ ਹਨ ਉਹ ਗੁਮਰਾਹੀ ਵਿਚ ਬਹੁਤ ਦੂਰ ਨਿਕਲ ਗਏ ਹਨ।

اللَّهُ لَطِيفٌ بِعِبَادِهِ يَرْزُقُ مَنْ يَشَاءُ ۖ
وَهُوَ الْقَوِيُّ الْعَزِيزُ ﴿١٩﴾

19 ਅੱਲਾਹ ਆਪਣੇ ਬੰਦਿਆਂ ਉੱਤੇ ਬਹੁਤ ਮਿਹਰਬਾਨ ਹੈ, ਉਹ ਜਿਸ ਨੂੰ ਚਾਹੁੰਦਾ ਹੈ ਰਿਜ਼ਕ ਦਿੰਦਾ ਹੈ। ਉਹ ਵੱਡਾ ਬਲਵਾਨ ਤੇ ਡਾਢਾ ਜ਼ੋਰਾਵਰ ਹੈ।

مَنْ كَانَ يُرِيدُ حَرْثَ الْآخِرَةِ نَزِدْ لَهُ فِي حَرْثِهِ ۖ
وَمَنْ كَانَ يُرِيدُ حَرْثَ الدُّنْيَا نُؤْتِهِ مِنْهَا
وَمَا لَهُ فِي الْآخِرَةِ مِنْ نَصِيبٍ ﴿٢٠﴾

20 ਜਿਹੜਾ ਵਿਅਕਤੀ ਆਖ਼ਿਰਤ ਦੀ ਖੇਤੀ ਦਾ ਚਾਹਵਾਨ ਹੈ ਅਸਾਂ ਉਸ ਲਈ ਉਸੇ ਖੇਤੀ ਵਿਚ ਵਾਧਾ ਕਰ ਦਿੰਦੇ ਹਾਂ ਅਤੇ ਜਿਹੜਾ ਵਿਅਕਤੀ ਸੰਸਾਰ ਦੀ ਖੇਤੀ ਚਾਹੁੰਦਾ ਹੈ ਅਸੀਂ ਉਸ ਨੂੰ ਉਸ ਵਿੱਚੋਂ ਹੀ ਕੁੱਝ ਦੇ ਦਿੰਦੇ ਹਾਂ। ਪਰ ਉਸ ਲਈ ਆਖ਼ਿਰਤ ਵਿਚ ਕੁੱਝ ਵੀ ਹਿੱਸਾ ਨਹੀਂ।

أَمْ لَهُمْ شُرَكَاءُ شَرَعُوا لَهُمْ مِنَ الدِّينِ مَا لَمْ
يَأْذَنْ بِهِ اللَّهُ ۚ وَلَوْلَا كَلِمَةُ الْفَصْلِ لَقُضِيَ
بَيْنَهُمْ ۗ وَإِنَّ الظَّالِمِينَ لَهُمْ عَذَابٌ أَلِيمٌ ﴿٢١﴾

21 ਕੀ ਇਹਨਾਂ ਲਈ (ਅੱਲਾਹ ਤੋਂ ਛੁੱਟ) ਕੁੱਝ ਹੋਰ ਸ਼ਰੀਕ ਹਨ ਜਿਨ੍ਹਾਂ ਨੇ ਇਹਨਾਂ ਲਈ ਉਹ ਦੀਨ ਨੀਯਤ ਕੀਤਾ ਹੈ ਜਿਸ ਦਾ ਹੁਕਮ ਅੱਲਾਹ ਨੇ ਨਹੀਂ ਦਿੱਤਾ? ਜੇਕਰ ਫ਼ੈਸਲੇ (ਕਿਆਮਤ) ਦੀ ਗੱਲ ਨਿਸ਼ਚਿਤ ਨਾ ਹੋ ਗਈ ਹੁੰਦੀ ਤਾਂ ਇਹਨਾਂ ਦਾ ਨਿਬੇੜਾ ਕਦੋਂ ਦਾ ਹੋ ਗਿਆ ਹੁੰਦਾ। ਬੇਸ਼ੱਕ ਇਹਨਾਂ ਜ਼ਾਲਮਾਂ ਲਈ ਦੁਖਦਾਈ ਅਜ਼ਾਬ ਹੈ।

تَرَى الظَّالِمِينَ مُشْفِقِينَ مِمَّا كَسَبُوا وَهُوَ
وَاقِعٌ بِهِمْ ۗ وَالَّذِينَ آمَنُوا وَعَمِلُوا الصَّالِحَاتِ
فِي رَوْضَاتِ الْجَنَّاتِ ۖ لَهُمْ مَا يَشَاءُونَ عِنْدَ
رَبِّهِمْ ۚ ذَٰلِكَ هُوَ الْفَضْلُ الْكَبِيرُ ﴿٢٢﴾

22 ਤੁਸੀਂ ਇਹਨਾਂ ਜ਼ਾਲਮਾਂ ਨੂੰ (ਕਿਆਮਤ ਦਿਹਾੜੇ) ਵੇਖੋਗੇ ਕਿ ਉਹ ਆਪਣੀਆਂ ਕਰਣੀਆਂ ਦੀ ਸਜ਼ਾ ਤੋਂ ਡਰ ਰਹੇ ਹੋਣਗੇ, ਜਦੋਂ ਕਿ ਉਹ ਸਜ਼ਾ ਉਹਨਾਂ ਨੂੰ ਮਿਲ ਕੇ ਰਹੇਗੀ, ਅਤੇ ਜਿਹੜੇ ਲੋਕ ਈਮਾਨ ਲਿਆਏ ਤੇ ਉਹਨਾਂ ਨੇ ਭਲੇ ਕੰਮ ਵੀ ਕੀਤੇ ਉਹ ਲੋਕ

ਜੰਨਤ ਦੇ ਬਾਗ਼ਾਂ ਵਿਚ ਹੋਣਗੇ। ਉਹਨਾਂ ਲਈ ਉਹਨਾਂ ਦੇ ਰੱਬ ਦੇ ਕੋਲ ਉਹ ਸਭ ਕੁੱਝ ਹੋਵੇਗਾ ਜੋ ਉਹ ਚਾਹੁਣਗੇ। ਇਹੋ ਸਭ ਤੋਂ ਵੱਡੀ ਕ੍ਰਿਪਾਲਤਾ ਹੈ।

ذَٰلِكَ الَّذِي يُبَشِّرُ اللَّهُ عِبَادَهُ الَّذِينَ آمَنُوا وَعَمِلُوا الصَّالِحَاتِ ۗ قُل لَّا أَسْأَلُكُمْ عَلَيْهِ أَجْرًا إِلَّا الْمَوَدَّةَ فِي الْقُرْبَىٰ ۗ وَمَن يَقْتَرِفْ حَسَنَةً نَّزِدْ لَهُ فِيهَا حُسْنًا ۚ إِنَّ اللَّهَ غَفُورٌ شَكُورٌ ﴿٢٣﴾

23 ਇਹੋ ਉਹ ਚੀਜ਼ ਹੈ ਜਿਸ ਦੀ ਖ਼ੁਸ਼ਖ਼ਬਰੀ ਅੱਲਾਹ ਆਪਣੇ ਉਹਨਾਂ ਬੰਦਿਆਂ ਨੂੰ ਦਿੰਦਾ ਹੈ ਜਿਹੜੇ ਈਮਾਨ ਲਿਆਏ ਤੇ ਨੇਕ ਕੰਮ ਕਰਦੇ ਰਹੇ। (ਹੇ ਨਬੀ!) ਤੁਸੀਂ (ਇਹਨਾਂ ਲੋਕਾਂ ਨੂੰ) ਆਖ ਦਿਓ ਕਿ ਮੈਂ ਤੁਹਾਥੋਂ ਇਸ (ਧਰਮ ਪ੍ਰਚਾਰ) ਲਈ ਕਿਸੇ ਬਦਲੇ ਦੀ ਮੰਗ ਨਹੀਂ ਕਰਦਾ। ਪਰ ਹਾਂ! ਸਾਕ-ਸੰਬੰਧੀਆਂ ਵਾਲਾ ਪ੍ਰੇਮਭਾਵ ਜ਼ਰੂਰ ਚਾਹੁੰਦਾ ਹਾਂ।[1] ਜੋ ਕੋਈ ਨੇਕੀ ਕਮਾਵੇਗਾ ਤਾਂ ਅਸਾਂ ਉਸ ਲਈ ਉਸ ਭਲਾਈ ਵਿਚ ਸੁਹੱਪਣ ਦਾ ਵਾਧਾ ਕਰ ਦਿੰਦੇ ਹਾਂ। ਬੇਸ਼ੱਕ ਅੱਲਾਹ (ਭੁੱਲਾਂ ਨੂੰ) ਬਖ਼ਸ਼ਣਵਾਲਾ ਅਤੇ (ਨੇਕੀਆਂ ਦੀ) ਕਦਰ ਕਰਨ ਵਾਲਾ ਹੈ।

أَمْ يَقُولُونَ افْتَرَىٰ عَلَى اللَّهِ كَذِبًا ۖ فَإِن يَشَإِ اللَّهُ يَخْتِمْ عَلَىٰ قَلْبِكَ ۗ وَيَمْحُ اللَّهُ الْبَاطِلَ وَيُحِقُّ الْحَقَّ بِكَلِمَاتِهِ ۚ إِنَّهُ عَلِيمٌ بِذَاتِ الصُّدُورِ ﴿٢٤﴾

24. (ਹੇ ਨਬੀ!) ਕੀ ਉਹ (ਕਾਫ਼ਿਰ ਤੁਹਾਡੇ ਸੰਬੰਧ ਵਿਚ) ਆਖਦੇ ਹਨ ਕਿ ਇਸ ਰਸੂਲ ਨੇ ਅੱਲਾਹ ਉੱਤੇ ਝੂਠਾ ਆਰੋਪ ਘੜ੍ਹਿਆ ਹੈ? ਜੇ ਅੱਲਾਹ ਚਾਹੇ ਤਾਂ ਤੁਹਾਡੇ ਦਿਲ ਉੱਤੇ ਠੱਪਾ ਲਾ ਦਿੰਦਾ। ਅੱਲਾਹ ਝੂਠ ਦਾ ਸਰਵਨਾਸ਼ ਕਰਦਾ ਹੈ ਅਤੇ ਹੱਕ ਸੱਚ ਨੂੰ ਆਪਣੀ ਬਾਣੀ ਰਾਹੀਂ ਸੱਚ ਕਰ ਵਿਖਾਉਂਦਾ ਹੈ। ਬੇਸ਼ੱਕ ਉਹ ਸੀਨਿਆਂ (ਦਿਲਾਂ) ਦੇ ਲੁਕੇ ਹੋਏ ਭੇਤਾਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

وَهُوَ الَّذِي يَقْبَلُ التَّوْبَةَ عَنْ عِبَادِهِ وَيَعْفُو عَنِ السَّيِّئَاتِ وَيَعْلَمُ مَا تَفْعَلُونَ ﴿٢٥﴾

25 ਉਹੀ ਤਾਂ ਹੈ ਜਿਹੜਾ ਆਪਣੇ ਬੰਦਿਆਂ ਦੀਆਂ ਤੌਬਾ ਨੂੰ ਕਬੂਲ ਕਰਦਾ ਹੈ ਅਤੇ ਉਹਨਾਂ ਦੀਆਂ

---

1 ਭਾਵ ਮੈਂ ਇਸ ਧਰਮ ਪ੍ਰਚਾਰ ਦਾ ਤੁਹਾਥੋਂ ਕੋਈ ਬਦਲਾ ਨਹੀਂ ਚਾਹੁੰਦਾ ਪਰ ਤੁਹਾਥੋਂ ਇਹ ਬੇਨਤੀ ਕਰਦਾ ਹਾਂ ਕਿ ਆਪਣੇ ਅਤੇ ਮੇਰੇ ਵਿਚਕਾਰ ਦੀ ਰਿਸ਼ਤੇਦਾਰੀ ਦਾ ਧਿਆਨ ਰਖਦੇ ਹੋਏ ਮੈਨੂੰ ਤਕਲੀਫ਼ ਨਾ ਦਿਓ ਤੁਸੀਂ ਮੇਰੇ ਕਬੀਲੇ ਦੇ ਹੋ, ਇਸ ਲਈ ਤੁਸੀਂ ਮੇਰੀ ਪਾਲਣਾ ਕਰੋ ਅਤੇ ਜਿਸ ਤੌਹੀਦ ਦੇ ਅਕੀਦੇ ਵੱਲ ਮੈਂ ਤੁਹਾਨੂੰ ਬੁਲਾ ਰਿਹਾ ਹਾਂ ਉਸ ਦੀ ਪੈਰਵੀ ਕਰਨਾ ਤੁਹਾਡੇ ਲਈ ਲਾਜ਼ਮੀ ਹੈ।

ਬੁਰਾਈਆਂ ਨੂੰ ਮੁਆਫ਼ ਕਰਦਾ ਹੈ। ਤੁਸੀਂ ਲੋਕ ਜੋ ਵੀ ਕਰਦੇ ਹੋ ਉਹ ਸਭ ਜਾਣਦਾ ਹੈ।

26 ਉਹ ਉਹਨਾਂ ਲੋਕਾਂ ਦੀ ਦੁਆ ਕਬੂਲ ਕਰਦਾ ਹੈ ਜਿਹੜੇ ਈਮਾਨ ਲਿਆਏ ਤੇ ਉਹਨਾਂ ਨੇ ਭਲੇ ਕੰਮ ਵੀ ਕੀਤੇ। ਉਹ ਉਹਨਾਂ ਨੂੰ ਆਪਣੀ ਕ੍ਰਿਪਾਲਤਾ ਨਾਲ ਹੋਰ ਵੀ ਵਧਾ ਕੇ ਦਿੰਦਾ ਹੈ ਅਤੇ ਕਾਫ਼ਿਰਾਂ ਲਈ ਕਰੜਾ ਅਜ਼ਾਬ ਹੈ।

وَيَسْتَجِيبُ الَّذِينَ آمَنُوا وَعَمِلُوا الصَّالِحَاتِ وَيَزِيدُهُم مِّن فَضْلِهِ ۚ وَالْكَافِرُونَ لَهُمْ عَذَابٌ شَدِيدٌ 26

27 ਜੇ ਅੱਲਾਹ ਆਪਣੇ ਸਾਰਿਆਂ ਬੰਦਿਆਂ ਨੂੰ ਖੁੱਲ੍ਹਾ-ਡੁੱਲ੍ਹਾ ਰਿਜ਼ਕ ਦੇ ਦਿੰਦਾ ਤਾਂ ਉਹ ਜ਼ਰੂਰ ਹੀ ਧਰਤੀ ਉੱਤੇ ਸਰਕਸ਼ੀ ਕਰਦੇ ਪਰ ਉਹ ਇਕ ਹਿਸਾਬ ਨਾਲ ਜਿੰਨਾ ਚਾਹੁੰਦਾ ਹੈ (ਰਿਜ਼ਕ) ਉਤਾਰਦਾ ਹੈ। ਨਿਰਸੰਦੇਹ ਉਹ ਆਪਣੇ ਬੰਦਿਆਂ (ਦੇ ਹਾਲ) ਤੋਂ ਬਾ-ਖ਼ਬਰ ਹੈ ਅਤੇ (ਉਹਨਾਂ ਨੂੰ) ਵੇਖ ਰਿਹਾ ਹੈ।

وَلَوْ بَسَطَ اللَّهُ الرِّزْقَ لِعِبَادِهِ لَبَغَوْا فِي الْأَرْضِ وَلَٰكِن يُنَزِّلُ بِقَدَرٍ مَّا يَشَاءُ ۚ إِنَّهُ بِعِبَادِهِ خَبِيرٌ بَصِيرٌ 27

28 ਉਹੀ ਹੈ ਜਿਹੜਾ ਲੋਕਾਂ ਦੇ ਨਿਰਾਸ਼ ਹੋਣ ਪਿੱਛੋਂ ਮੀਂਹ ਬਰਸਾਉਂਦਾ ਹੈ ਅਤੇ ਆਪਣੀ ਰਹਿਮਤ ਨੂੰ ਆਮ ਕਰ ਦਿੰਦਾ ਹੈ। ਉਹੀ ਕਾਰਜ ਸਾਧਕ ਤੇ ਸ਼ਲਾਘਾਯੋਗ ਹੈ।

وَهُوَ الَّذِي يُنَزِّلُ الْغَيْثَ مِن بَعْدِ مَا قَنَطُوا وَيَنشُرُ رَحْمَتَهُ ۚ وَهُوَ الْوَلِيُّ الْحَمِيدُ 28

29 ਅਕਾਸ਼ਾਂ ਤੇ ਧਰਤੀ ਦੀ ਰਚਨਾ ਅਤੇ ਉਹ ਜੀਅ-ਜੰਤੂ ਜਿਹੜੇ ਉਸ ਨੇ ਦੋਵੇਂ ਥਾਈਂ ਫ਼ੈਲਾ ਰੱਖੇ ਹਨ, ਉਸ ਦੀਆਂ ਨਿਸ਼ਾਨੀਆਂ ਵਿੱਚੋਂ ਹਨ ਜਦੋਂ ਵੀ ਉਹ ਚਾਹੇ ਉਹਨਾਂ ਨੂੰ ਇਕੱਠਿਆਂ ਕਰਨ ਦੀ ਸਮਰਥਾ ਰੱਖਦਾ ਹੈ।

وَمِنْ آيَاتِهِ خَلْقُ السَّمَاوَاتِ وَالْأَرْضِ وَمَا بَثَّ فِيهِمَا مِن دَابَّةٍ ۚ وَهُوَ عَلَىٰ جَمْعِهِمْ إِذَا يَشَاءُ قَدِيرٌ 29

30 ਤੁਹਾਡੇ ਉੱਤੇ ਜਿਹੜੀ ਵੀ ਬਿਪਤਾ ਆਈ ਹੈ ਉਹ ਤੁਹਾਡੀਆਂ ਆਪਣੀਆਂ ਹੀ ਕਰਤੂਤਾਂ ਕਾਰਨ ਆਈ ਹੈ ਅਤੇ ਬਹੁਤ ਸਾਰੀਆਂ ਭੁੱਲਾਂ-ਚੁੱਕਾਂ ਨੂੰ ਤਾਂ ਉਹ ਐਵੇਂ ਹੀ ਮੁਆਫ਼ ਕਰ ਦਿੰਦਾ ਹੈ।

وَمَا أَصَابَكُم مِّن مُّصِيبَةٍ فَبِمَا كَسَبَتْ أَيْدِيكُمْ وَيَعْفُو عَن كَثِيرٍ 30

31 ਤੁਸੀਂ ਧਰਤੀ ਉੱਤੇ ਉਸ (ਅੱਲਾਹ) ਨੂੰ ਬੇਵੱਸ ਨਹੀਂ ਕਰ ਸਕਦੇ ਅਤੇ ਤੁਹਾਡੇ ਲਈ ਛੁੱਟ ਅੱਲਾਹ ਤੋਂ ਕੋਈ ਕਾਰਜ-ਸਾਧਕ ਨਹੀਂ ਅਤੇ ਨਾ ਹੀ ਕੋਈ ਸਹਾਈ ਹੈ।

وَمَا أَنتُم بِمُعْجِزِينَ فِي الْأَرْضِ ۖ وَمَا لَكُم مِّن دُونِ اللَّهِ مِن وَلِيٍّ وَلَا نَصِيرٍ 31

32. ਉਸੇ ਦੀਆਂ ਨਿਸ਼ਾਨੀਆਂ ਵਿੱਚੋਂ ਸਮੁੰਦਰ ਵਿਚ ਚੱਲਣ ਵਾਲੇ ਪਹਾੜਾਂ ਵਾਂਗ ਜਹਾਜ਼ ਹਨ।

وَمِنْ اٰيٰتِهِ الْجَوَارِ فِي الْبَحْرِ كَالْاَعْلَامِ (32)

33. ਜੇ ਉਹ (ਅੱਲਾਹ) ਚਾਹੇ ਤਾਂ ਹਵਾ ਨੂੰ ਰੋਕ ਲਵੇ ਫੇਰ ਉਹ (ਜਹਾਜ਼) ਸਮੁੰਦਰ ਦੀ ਸਤਹ (ਪਿਠ) ਉੱਤੇ ਖਲੋਤੇ ਹੀ ਰਹਿ ਜਾਣ (ਨਿਰਸੰਦੇਹ, ਇਸ ਵਿਚ ਹਰੇਕ ਸਬਰ ਤੇ ਸ਼ੁਕਰ ਕਰਨ ਵਾਲੇ ਵਿਅਕਤੀ ਲਈ ਵੱਡੀਆਂ ਨਿਸ਼ਾਨੀਆਂ ਹਨ।

اِنْ يَّشَاْ يُسْكِنِ الرِّيْحَ فَيَظْلَلْنَ رَوَاكِدَ عَلٰى
ظَهْرِهٖ ۚ اِنَّ فِيْ ذٰلِكَ لَاٰيٰتٍ لِّكُلِّ صَبَّارٍ شَكُوْرٍ (33)

34. ਜਾਂ ਜੇ ਉਹ (ਚਾਹੇ ਤਾਂ) ਉਹਨਾਂ (ਕਾਫ਼ਿਰਾਂ) ਦੀਆਂ ਕਰਤੂਤਾਂ ਕਾਰਨ ਉਹਨਾਂ (ਜਹਾਜ਼ਾਂ ਨੂੰ) ਤਬਾਹ ਕਰ ਦੇਵੇ ਅਤੇ ਜੇ ਚਾਹੇ ਤਾਂ ਬਹੁਤ ਸਾਰੇ (ਅਪਰਾਧਾਂ) ਨੂੰ ਮੁਆਫ਼ ਕਰ ਦੇਵੇ।

اَوْ يُوْبِقْهُنَّ بِمَا كَسَبُوْا وَيَعْفُ عَنْ كَثِيْرٍ (34)

35. ਤਾਂ ਜੋ ਉਹ ਲੋਕੀ, ਜਿਹੜੇ ਸਾਡੀਆਂ ਆਇਤਾਂ (ਨਿਸ਼ਾਨੀਆਂ) ਵਿਚ ਝਗੜਦੇ ਹਨ, ਉਹ ਜਾਣ ਲੈਣ ਕਿ ਉਹਨਾਂ ਦੇ ਨੱਸਣ ਲਈ ਕੋਈ ਵੀ ਥਾਂ ਨਹੀਂ।

وَّيَعْلَمَ الَّذِيْنَ يُجَادِلُوْنَ فِيْٓ اٰيٰتِنَا ۗ مَا لَهُمْ
مِّنْ مَّحِيْصٍ (35)

36. (ਹੇ ਲੋਕੋ!) ਤੁਹਾਨੂੰ ਜੋ ਵੀ ਦਿੱਤਾ ਗਿਆ ਹੈ ਉਹ ਸੰਸਾਰਿਕ ਜੀਵਨ ਦੀ ਤੁੱਛ ਜਿਹੀ ਸਮੱਗਰੀ ਹੈ। ਪਰ ਜੋ ਅੱਲਾਹ ਦੇ ਕੋਲ ਹੈ ਉਹ ਉਹਨਾਂ ਲੋਕਾਂ ਲਈ ਇਸ ਤੋਂ ਕਿਤੇ ਵਧੀਆ ਤੇ ਸਦਾ ਰਹਿਣ ਵਾਲਾ ਹੈ, ਜਿਹੜੇ ਈਮਾਨ ਲਿਆਏ ਉਹ ਆਪਣੇ ਰੱਬ ਉੱਤੇ ਹੀ ਭਰੋਸਾ ਕਰਦੇ ਹਨ।

فَمَآ اُوْتِيْتُمْ مِّنْ شَيْءٍ فَمَتَاعُ الْحَيٰوةِ الدُّنْيَا ۚ
وَمَا عِنْدَ اللّٰهِ خَيْرٌ وَّاَبْقٰى لِلَّذِيْنَ اٰمَنُوْا وَعَلٰى
رَبِّهِمْ يَتَوَكَّلُوْنَ (36)

37. ਅਤੇ ਉਹ ਈਮਾਨ ਵਾਲੇ ਲੋਕ ਜਿਹੜੇ ਮਹਾਂ ਪਾਪਾਂ ਤੇ ਅਸ਼ਲੀਲ ਕੰਮਾਂ ਤੋਂ ਬਚਦੇ ਹਨ[1] ਅਤੇ ਜਦੋਂ ਗੁੱਸਾ ਆਵੇ ਤਾਂ ਉਹ ਮੁਆਫ਼ ਕਰ ਦਿੰਦੇ ਹਨ।

وَالَّذِيْنَ يَجْتَنِبُوْنَ كَبٰٓئِرَ الْاِثْمِ وَالْفَوَاحِشَ وَاِذَا مَا
غَضِبُوْا هُمْ يَغْفِرُوْنَ (37)

38. ਅਤੇ ਉਹ ਲੋਕ ਜਿਹੜੇ ਆਪਣੇ ਰੱਬ ਦਾ ਹੁਕਮ ਮੰਨਦੇ ਹਨ, ਨਮਾਜ਼ ਕਾਇਮ ਕਰਦੇ ਹਨ ਅਤੇ

وَالَّذِيْنَ اسْتَجَابُوْا لِرَبِّهِمْ وَاَقَامُوا الصَّلٰوةَ ۪ وَاَمْرُهُمْ
شُوْرٰى بَيْنَهُمْ ۪ وَمِمَّا رَزَقْنٰهُمْ يُنْفِقُوْنَ (38)

[1] ਮਹਾਂ ਪਾਪ ਤੋਂ ਭਾਵ ਹੈ ਕਿ ਅੱਲਾਹ ਦੇ ਨਾਲ ਕਿਸੇ ਹੋਰ ਦੀ ਇਬਾਦਤ ਕਰਨਾ, ਮਾਪਿਆਂ ਦੀ ਨਾ-ਫ਼ਰਮਾਨੀ ਕਰਨਾ, ਅਣ-ਹੱਕਾ ਕਤਲ ਕਰਨਾ, ਝੂਠੀ ਗਵਾਹੀ ਦੇਣਾ ਅਤੇ ਚੋਰੀ ਕਰਨਾ ਆਦਿ ਸ਼ਾਮਿਲ ਹੈ।

ਉਹਨਾਂ ਦਾ ਹਰੇਕ ਕੰਮ ਆਪੋ ਵਿਚ ਸਲਾਹ ਮਸ਼ਵਰੇ ਨਾਲ ਨਜਿੱਠਿਆ ਜਾਂਦਾ ਹੈ ਅਤੇ ਅਸੀਂ ਜੋ ਕੁੱਝ ਵੀ (ਰਿਜ਼ਕ) ਉਹਨਾਂ ਨੂੰ ਬਖ਼ਸ਼ਿਆ ਹੈ ਉਹ ਉਸ ਵਿੱਚੋਂ (ਅੱਲਾਹ ਦੀ ਰਾਹ ਵਿਚ) ਖ਼ਰਚ ਕਰਦੇ ਹਨ।

39. ਜਦੋਂ ਉਹਨਾਂ ਨਾਲ ਕੋਈ ਵਧੀਕੀ ਕੀਤੀ ਜਾਂਦੀ ਹੈ ਤਾਂ ਉਹ ਬਸ ਉਸ ਦਾ ਹੀ ਬਦਲਾ ਲੈਂਦੇ ਹਨ।

وَالَّذِينَ إِذَا أَصَابَهُمُ الْبَغْيُ هُمْ يَنتَصِرُونَ ﴿٣٩﴾

40. ਬੁਰਾਈ ਦਾ ਬਦਲਾ ਉਹੋ ਜਿਹੀ ਬੁਰਾਈ ਹੈ, ਫੇਰ ਜਿਹੜਾ ਮੁਆਫ਼ ਕਰ ਦੇਵੇ ਅਤੇ ਸੁਲਾਹ ਕਰ ਲਵੇ ਤਾਂ ਉਸ ਦਾ ਬਦਲਾ ਦੇਣਾ ਅੱਲਾਹ ਦੇ ਜ਼ਿੰਮੇ ਹੈ। ਬੇਸ਼ੱਕ ਅੱਲਾਹ ਜ਼ਾਲਮਾਂ ਨੂੰ ਪਸੰਦ ਨਹੀਂ ਕਰਦਾ।

وَجَزَاءُ سَيِّئَةٍ سَيِّئَةٌ مِّثْلُهَا ۖ فَمَنْ عَفَا وَأَصْلَحَ فَأَجْرُهُ عَلَى اللَّهِ ۚ إِنَّهُ لَا يُحِبُّ الظَّالِمِينَ ﴿٤٠﴾

41. ਜਿਹੜੇ ਲੋਕ ਜ਼ੁਲਮ ਹੋਣ ਮਗਰੋਂ ਬਦਲਾ ਲੈਣ, ਉਹਨਾਂ ਦਾ ਕੋਈ ਦੋਸ਼ ਨਹੀਂ।

وَلَمَنِ انتَصَرَ بَعْدَ ظُلْمِهِ فَأُولَٰئِكَ مَا عَلَيْهِم مِّن سَبِيلٍ ﴿٤١﴾

42. ਦੋਸ਼ ਤਾਂ ਉਹਨਾਂ ਦਾ ਹੈ ਜਿਹੜੇ ਦੂਜਿਆਂ ਉੱਤੇ ਜ਼ੁਲਮ ਕਰਦੇ ਹਨ ਅਤੇ ਧਰਤੀ ਉੱਤੇ ਅਣਹੱਕੀ ਵਧੀਕੀਆਂ ਕਰਦੇ ਹਨ। ਅਜਿਹੇ ਲੋਕਾਂ ਲਈ ਦੁਖਦਾਈ ਅਜ਼ਾਬ ਹੈ।

إِنَّمَا السَّبِيلُ عَلَى الَّذِينَ يَظْلِمُونَ النَّاسَ وَيَبْغُونَ فِي الْأَرْضِ بِغَيْرِ الْحَقِّ ۚ أُولَٰئِكَ لَهُمْ عَذَابٌ أَلِيمٌ ﴿٤٢﴾

43. ਪਰ ਹਾਂ! ਜਿਹੜਾ ਧੀਰਜ ਤੋਂ ਕੰਮ ਲਵੇ ਅਤੇ ਮੁਆਫ਼ ਕਰ ਦੇਵੇ ਤਾਂ ਬੇਸ਼ੱਕ ਇਹ ਦਲੇਰੀ ਦੇ ਕੰਮਾਂ ਵਿੱਚੋਂ ਹੈ।

وَلَمَن صَبَرَ وَغَفَرَ إِنَّ ذَٰلِكَ لَمِنْ عَزْمِ الْأُمُورِ ﴿٤٣﴾

44. ਜਿਸ ਨੂੰ ਅੱਲਾਹ ਹੀ ਗੁਮਰਾਹ ਕਰ ਦੇਵੇ ਉਸ ਨੂੰ ਅੱਲਾਹ ਪਿੱਛੋਂ ਕੋਈ ਵੀ ਸਾਂਭਣ ਵਾਲਾ ਨਹੀਂ। (ਹੇ ਨਬੀ!) ਤੁਸੀਂ ਜ਼ਾਲਮਾਂ ਨੂੰ ਵੇਖੋਗੇ ਕਿ ਜਦੋਂ ਉਹ ਅਜ਼ਾਬ ਨੂੰ ਵੇਖਣਗੇ ਤਾਂ ਆਖਣਗੇ, ਕੀ ਭਲਾਂ ਹੁਣ (ਸੰਸਾਰ ਵੱਲ) ਮੁੜ ਕੇ ਜਾਣ ਦਾ ਵੀ ਕੋਈ ਰਾਹ ਹੈ?

وَمَن يُضْلِلِ اللَّهُ فَمَا لَهُ مِن وَلِيٍّ مِّن بَعْدِهِ ۗ وَتَرَى الظَّالِمِينَ لَمَّا رَأَوُا الْعَذَابَ يَقُولُونَ هَلْ إِلَىٰ مَرَدٍّ مِّن سَبِيلٍ ﴿٤٤﴾

45. (ਹੇ ਨਬੀ!) ਤੁਸੀਂ ਉਹਨਾਂ ਨੂੰ ਵੇਖੋਗੇ ਕਿ ਜਦੋਂ ਉਹ ਨਰਕ ਦੇ ਸਾਹਮਣੇ ਹਾਜ਼ਰ ਕੀਤੇ ਜਾਣਗੇ ਤਾਂ ਹੀਣਤਾ ਕਾਰਨ ਝੁਕੇ ਜਾ ਰਹੇ ਹੋਣਗੇ ਅਤੇ ਨਜ਼ਰਾਂ ਬਚਾ ਬਚਾ ਕੇ ਕਨੱਖੀਆਂ ਨਾਲ ਵੇਖਦੇ ਹੋਣਗੇ। ਜਿਹੜੇ ਈਮਾਨ ਲਿਆਏ ਹਨ ਉਹ ਆਖਣਗੇ ਕਿ ਬੇਸ਼ੱਕ ਘਾਟੇ ਵਿਚ ਤਾਂ ਉਹੀਓ ਲੋਕ ਹਨ ਜਿਨ੍ਹਾਂ ਨੇ ਅੱਜ (ਕਿਆਮਤ ਦਿਹਾੜੇ) ਆਪਣੇ ਆਪ ਨੂੰ ਅਤੇ ਆਪਣੇ ਘਰ ਵਾਲਿਆਂ ਨੂੰ ਘਾਟੇ ਵਿਚ ਪਾਈ ਰੱਖਿਆ। ਖ਼ਬਰਦਾਰ! ਜ਼ਾਲਮ ਲੋਕ ਸਦੀਵੀ ਅਜ਼ਾਬ ਵਿਚ ਫਸੇ ਰਹਿਣਗੇ।

وَتَرٰىهُمْ يُعْرَضُوْنَ عَلَيْهَا خٰشِعِيْنَ مِنَ الذُّلِّ
يَنْظُرُوْنَ مِنْ طَرْفٍ خَفِيٍّ ۗ وَقَالَ الَّذِيْنَ اٰمَنُوْٓا
اِنَّ الْخٰسِرِيْنَ الَّذِيْنَ خَسِرُوْٓا اَنْفُسَهُمْ وَاَهْلِيْهِمْ
يَوْمَ الْقِيٰمَةِ ۗ اَلَآ اِنَّ الظّٰلِمِيْنَ فِيْ عَذَابٍ
مُّقِيْمٍ ٤٥

46 ਅਤੇ ਉਹਨਾਂ ਲਈ ਛੁੱਟ ਅੱਲਾਹ ਤੋਂ ਕੋਈ ਵੀ ਅਜਿਹਾ ਮਿੱਤਰ ਨਹੀਂ ਹੋਵੇਗਾ ਜਿਹੜਾ ਉਹਨਾਂ ਦੀ ਸਹਾਇਤਾ ਕਰ ਸਕੇ। ਜਿਸ ਨੂੰ ਅੱਲਾਹ ਹੀ ਕੁਰਾਹੇ ਪਾ ਦੇਵੇ, ਫੇਰ ਉਸ ਲਈ (ਹਿਦਾਇਤ ਦਾ) ਕੋਈ ਰਾਹ ਨਹੀਂ।

وَمَا كَانَ لَهُمْ مِّنْ اَوْلِيَآءَ يَنْصُرُوْنَهُمْ مِّنْ دُوْنِ
اللّٰهِ ۗ وَمَنْ يُّضْلِلِ اللّٰهُ فَمَا لَهٗ مِنْ سَبِيْلٍ ٤٦

47 (ਹੇ ਲੋਕੋ) ਤੁਸੀਂ ਆਪਣੇ ਰੱਬ ਦਾ ਹੁਕਮ ਮੰਨ ਲਓ, ਇਸ ਤੋਂ ਪਹਿਲਾਂ ਕਿ ਅੱਲਾਹ ਵੱਲੋਂ ਉਹ ਦਿਨ ਆ ਜਾਵੇ ਜਿਹੜਾ (ਕਿਸੇ ਵੀ ਤਰ੍ਹਾਂ) ਟਲਣ ਵਾਲਾ ਨਹੀਂ। ਉਸ ਦਿਹਾੜੇ ਤੁਹਾਡੇ ਲਈ ਕੋਈ ਸ਼ਰਨ ਸਥਾਨ ਨਹੀਂ ਹੋਵੇਗਾ ਅਤੇ ਨਾ ਹੀ ਤੁਹਾਥੋਂ ਗੁਨਾਹਾਂ ਦਾ ਇਨਕਾਰ ਹੀ ਕੀਤਾ ਜਾਵੇਗਾ।

اِسْتَجِيْبُوْا لِرَبِّكُمْ مِّنْ قَبْلِ اَنْ يَّاْتِيَ يَوْمٌ
لَّا مَرَدَّ لَهٗ مِنَ اللّٰهِ ۗ مَا لَكُمْ مِّنْ مَّلْجَاٍ
يَّوْمَىِٕذٍ وَّمَا لَكُمْ مِّنْ نَّكِيْرٍ ٤٧

48 (ਹੇ ਨਬੀ!) ਜੇ ਉਹ ਮੂੰਹ ਮੋੜਦੇ ਹਨ ਤਾਂ ਮੋੜ ਲੈਣ ਅਸੀਂ ਤੁਹਾਨੂੰ ਉਹਨਾਂ ਉੱਤੇ ਕੋਈ ਨਿਗਰਾਨ ਬਣਾ ਕੇ ਨਹੀਂ ਭੇਜਿਆ? ਤੁਹਾਡੇ ਜ਼ਿੰਮੇ ਤਾਂ (ਰੱਬੀ ਪੈਗ਼ਾਮ ਨੂੰ ਲੋਕਾਂ ਤੱਕ) ਪਹੁੰਚਾ ਦੇਣਾ ਹੀ ਹੈ। ਜਦੋਂ ਮਨੁੱਖ ਨੂੰ ਅਸੀਂ ਆਪਣੀਆਂ ਮਿਹਰਾਂ ਦਾ ਸੁਆਦ ਚਖਾਉਂਦੇ ਹਾਂ ਤਾਂ ਉਹ ਸ਼ੇਖੀਆਂ ਮਾਰਦਾ ਹੈ, ਜੇ ਉਸ ਨੂੰ ਆਪਣੀਆਂ ਕਰਤੂਤਾਂ ਕਾਰਨ ਕੋਈ ਬਿਪਤਾ

فَاِنْ اَعْرَضُوْا فَمَآ اَرْسَلْنٰكَ عَلَيْهِمْ حَفِيْظًا ۗ
اِنْ عَلَيْكَ اِلَّا الْبَلٰغُ ۗ وَاِنَّآ اِذَآ اَذَقْنَا الْاِنْسَانَ
مِنَّا رَحْمَةً فَرِحَ بِهَا ۚ وَاِنْ تُصِبْهُمْ سَيِّئَةٌۢ
بِمَا قَدَّمَتْ اَيْدِيْهِمْ فَاِنَّ الْاِنْسَانَ كَفُوْرٌ ٤٨

59

ਆ ਪਹੁੰਚਦੀ ਹੈ ਤਾਂ (ਸਾਰੇ ਅਹਿਸਾਨ ਭੁੱਲ ਕੇ) ਵੱਡਾ ਨਾ-ਸ਼ੁਕਰਾ ਬਣ ਜਾਂਦਾ ਹੈ।

لِلّٰهِ مُلْكُ السَّمٰوٰتِ وَالْاَرْضِ ۚ يَخْلُقُ مَا يَشَاۗءُ ۚ
يَهَبُ لِمَنْ يَّشَاۗءُ اِنَاثًا وَّيَهَبُ لِمَنْ يَّشَاۗءُ
الذُّكُوْرَ ٤٩

49 ਅਕਾਸ਼ਾਂ ਤੇ ਧਰਤੀ ਦੀ ਪਾਤਸ਼ਾਹੀ ਦਾ ਮਾਲਿਕ ਅੱਲਾਹ ਹੀ ਹੈ। ਜੋ ਉਹ ਚਾਹੁੰਦਾ ਹੈ ਪੈਦਾ ਕਰਦਾ ਹੈ। ਜਿਸ ਨੂੰ ਚਾਹੁੰਦਾ ਹੈ (ਕੇਵਲ) ਧੀਆਂ ਹੀ ਬਖ਼ਸ਼ਦਾ ਹੈ ਅਤੇ ਜਿਸ ਨੂੰ ਚਾਹੁੰਦਾ ਹੈ (ਕੇਵਲ) ਪੁੱਤਰ ਦਿੰਦਾ ਹੈ।

اَوْ يُزَوِّجُهُمْ ذُكْرَانًا وَّاِنَاثًا ۚ وَيَجْعَلُ مَنْ يَّشَاۗءُ
عَقِيْمًا ۭ اِنَّهٗ عَلِيْمٌ قَدِيْرٌ ٥٠

50 ਜਾਂ (ਜੇ ਚਾਹੁੰਦਾ ਹੈ ਤਾਂ) ਉਹਨਾਂ ਨੂੰ ਪੁੱਤਰ ਤੇ ਧੀਆਂ ਰਲਾ-ਮਲਾ ਕੇ (ਭਾਵ ਦੋਵੇਂ) ਦਿੰਦਾ ਹੈ ਅਤੇ ਜਿਸ ਨੂੰ ਚਾਹੁੰਦਾ ਹੈ ਬੇ ਔਲਾਦ ਰਖਦਾ ਹੈ। ਬੇਸ਼ੱਕ ਉਹ ਵੱਡਾ ਜਾਣਨਹਾਰ ਤੇ ਮਹਾਨ ਸਮਰਥਾ ਰੱਖਦਾ ਹੈ।

وَمَا كَانَ لِبَشَرٍ اَنْ يُّكَلِّمَهُ اللّٰهُ اِلَّا وَحْيًا اَوْ مِنْ
وَّرَاۗئِ حِجَابٍ اَوْ يُرْسِلَ رَسُوْلًا فَيُوْحِيَ بِاِذْنِهٖ
مَا يَشَاۗءُ ۭ اِنَّهٗ عَلِيٌّ حَكِيْمٌ ٥١

51. ਕੋਈ ਵੀ ਮਨੁੱਖ ਇਸ ਯੋਗ ਨਹੀਂ ਕਿ ਅੱਲਾਹ ਉਸ ਨਾਲ (ਸਿੱਧੀ) ਗੱਲ ਬਾਤ ਕਰੇ, ਪਰ ਇਲਹਾਮ ਰਾਹੀਂ (ਭਾਵ ਦਿਲ ਵਿਚ ਕੋਈ ਗੱਲ ਪਾ ਦੇਣਾ ਜਾਂ ਸੁਪਨੇ ਵਿਚ ਵਿਖਾ ਦੇਣਾ) ਜਾਂ ਪਰਦੇ ਦੇ ਪਿੱਛਿਓਂ ਜਾਂ ਫ਼ਰਿਸ਼ਤੇ ਭੇਜ ਕੇ, (ਗੱਲ ਕਰਦਾ ਹੈ) ਅਤੇ ਉਹ ਫ਼ਰਿਸ਼ਤੇ ਅੱਲਾਹ ਦੇ ਹੁਕਮ ਨਾਲ ਹੀ ਆਉਂਦੇ ਹਨ। ਅੱਲਾਹ ਜੋ ਚਾਹੁੰਦਾ ਹੈ ਉਹੀਓ ਕਰਦਾ ਹੈ।[1] ਬੇਸ਼ੱਕ ਉਹ ਸਰਵਉੱਚ ਤੇ ਦਾਨਾਈ ਵਾਲਾ ਹੈ।

وَكَذٰلِكَ اَوْحَيْنَآ اِلَيْكَ رُوْحًا مِّنْ اَمْرِنَا ۭ مَا كُنْتَ
تَدْرِيْ مَا الْكِتٰبُ وَلَا الْاِيْمَانُ وَلٰكِنْ جَعَلْنٰهُ نُوْرًا
نَّهْدِيْ بِهٖ مَنْ نَّشَاۗءُ مِنْ عِبَادِنَا ۭ وَاِنَّكَ
لَتَهْدِيْٓ اِلٰى صِرَاطٍ مُّسْتَقِيْمٍ ٥٢

52. (ਹੇ ਨਬੀ!) ਇਸੇ ਤਰ੍ਹਾਂ ਅਸੀਂ ਤੁਹਾਡੇ ਵੱਲ ਆਪਣੇ ਹੁਕਮ ਨਾਲ ਇਕ ਰੂਹ (ਕੁਰਆਨ) ਦੀ ਵਹੀ ਭੇਜੀ। (ਇਸ ਤੋਂ ਪਹਿਲਾਂ) ਤੁਸੀਂ ਨਹੀਂ ਜਾਣਦੇ ਸੀ ਕਿ ਕਿਤਾਬ ਕੀ ਹੈ ਅਤੇ ਈਮਾਨ ਕੀ ਹੈ? ਪਰ ਅਸਾਂ ਇਸ ਕਿਤਾਬ ਨੂੰ ਨੂਰ ਬਣਾ ਦਿੱਤਾ। ਅਸੀਂ ਆਪਣੇ ਬੰਦਿਆਂ ਵਿੱਚੋਂ ਜਿਸ ਨੂੰ ਚਾਹੁੰਦੇ ਹਾਂ

[1] ਵੇਖੋ ਸੂਰਤ ਅਨ-ਨਿਸਾ, ਹਾਸ਼ੀਆ ਆਇਤ 163/4

ਇਸ ਨੂਰ (ਭਾਵ ਕੁਰਆਨ) ਰਾਹੀਂ ਹਿਦਾਇਤ ਬਖ਼ਸ਼ ਦਿੰਦੇ ਹਾਂ। ਬੇਸ਼ੱਕ ਤੁਸੀਂ ਸਿੱਧੇ ਰਾਹ ਵੱਲ ਹੀ ਅਗਵਾਈ ਕਰਦੇ ਹੋ।

53 ਅਤੇ ਹੇ ਨਬੀ! ਉਸ ਅੱਲਾਹ ਵੱਲ (ਅਗਵਾਈ ਕਰਦੇ ਹੋ) ਜਿਹੜਾ ਅਕਾਸ਼ਾਂ ਤੇ ਧਰਤੀ ਦੀ ਹਰੇਕ ਚੀਜ਼ ਦਾ ਮਾਲਿਕ ਹੈ। ਖ਼ਬਰਦਾਰ! ਸਾਰੇ ਮਾਮਲੇ ਅੱਲਾਹ ਵੱਲ ਹੀ ਪਰਤਦੇ ਹਨ।

صِرَاطِ اللَّهِ الَّذِي لَهُ مَا فِي السَّمَاوَاتِ وَمَا
فِي الْأَرْضِ ۗ أَلَا إِلَى اللَّهِ تَصِيرُ الْأُمُورُ (53)

43. ਸੂਰਤ ਅਜ਼-ਜ਼ੁਖ਼ਰੁਫ਼ (ਮੱਕੀ-63)

سُورَةُ الزُّخْرُفِ

(ਆਇਤਾਂ 89, ਰੁਕੂਅ 7)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1 ਹਾ, ਮੀਮ।

حم (1)

2. ਰੌਸ਼ਨ ਕਿਤਾਬ ਦੀ ਸੌਂਹ।

وَالْكِتَابِ الْمُبِينِ (2)

3. ਬੇਸ਼ੱਕ ਅਸੀਂ ਇਸ ਕਿਤਾਬ ਨੂੰ ਅਰਬੀ (ਭਾਸ਼ਾ) ਦਾ ਕੁਰਆਨ ਬਣਾਇਆ ਹੈ ਤਾਂ ਜੋ ਤੁਸੀਂ ਸਮਝ ਸਕੋ।

إِنَّا جَعَلْنَاهُ قُرْآنًا عَرَبِيًّا لَعَلَّكُمْ تَعْقِلُونَ (3)

4. ਬੇਸ਼ੱਕ ਇਹ ਕੁਰਆਨ ਸਾਡੇ ਕੋਲ ਮੂਲ ਕਿਤਾਬ (ਲੌਹੇ ਮਹਫ਼ੂਜ਼) ਵਿਚ ਲਿਖਿਆ ਹੋਇਆ ਹੈ। ਜੋ ਕਿ ਸਰਵਉੱਚ ਸ਼ਾਨ ਵਾਲੀ ਤੇ ਯੁਕਤੀਆਂ ਨਾਲ ਭਰਪੂਰ ਕਿਤਾਬ ਹੈ।

وَإِنَّهُ فِي أُمِّ الْكِتَابِ لَدَيْنَا لَعَلِيٌّ حَكِيمٌ (4)

5. (ਹੇ ਲੋਕੋ!) ਕੀ ਭਲਾ ਅਸੀਂ ਤੁਹਾਥੋਂ ਇਸ ਲਈ ਨਸੀਹਤ ਕਰਨ ਤੋਂ ਮੂੰਹ ਮੋੜ ਲਈਏ ਕਿ ਤੁਸੀਂ (ਅੱਲਾਹ ਦੀਆਂ ਨਿਯਤ ਕੀਤੀਆਂ ਹੋਈਆਂ) ਹੱਦਾਂ ਦੀ ਉਲੰਘਣਾ ਕਰਨ ਵਾਲੇ ਲੋਕ ਹੋ?[1]

أَفَنَضْرِبُ عَنْكُمُ الذِّكْرَ صَفْحًا أَنْ كُنْتُمْ
قَوْمًا مُسْرِفِينَ (5)

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 165/2

6. (ਨਹੀਂ ਇੰਜ ਨਹੀਂ) ਅਸਾਂ ਪਹਿਲਾਂ ਬੀਤ ਚੁੱਕੇ ਲੋਕਾਂ ਵਿਚ ਕਿੰਨੇ ਹੀ ਨਬੀ ਭੇਜੇ।	وَكَمْ أَرْسَلْنَا مِن نَّبِيٍّ فِي الْأَوَّلِينَ ﴿٦﴾
7. ਅਤੇ ਉਹਨਾਂ ਕੋਲ ਜਿਹੜਾ ਵੀ ਨਬੀ ਆਉਂਦਾ ਸੀ ਉਹ ਉਸ ਦਾ ਮਖ਼ੌਲ ਉਡਾਇਆ ਕਰਦੇ ਸਨ।	وَمَا يَأْتِيهِم مِّن نَّبِيٍّ إِلَّا كَانُوا بِهِ يَسْتَهْزِئُونَ ﴿٧﴾
8. ਫੇਰ ਅਸੀਂ ਇਹਨਾਂ (ਮੱਕੇ ਵਾਲਿਆਂ) ਨਾਲੋਂ ਕਈ ਗੁਣਾ ਵਧੇਰੇ ਜ਼ੋਰਾਵਰ ਲੋਕਾਂ ਨੂੰ ਬਰਬਾਦ ਕਰ ਦਿੱਤਾ। ਪਿਛਲੀਆਂ ਕੌਮਾਂ ਦੀਆਂ ਉਦਾਹਰਣਾਂ ਬੀਤ ਚੁੱਕੀਆਂ ਹਨ।	فَأَهْلَكْنَا أَشَدَّ مِنْهُم بَطْشًا وَمَضَىٰ مَثَلُ الْأَوَّلِينَ ﴿٨﴾
9. (ਹੇ ਨਬੀ!) ਜੇ ਤੁਸੀਂ ਇਹਨਾਂ ਤੋਂ ਪੁੱਛੋਗੇ ਕਿ ਅਕਾਸ਼ਾਂ ਤੇ ਧਰਤੀ ਨੂੰ ਕਿਸ ਨੇ ਸਾਜਿਆ ਹੈ? ਤਾਂ ਉਹ ਇਹੋ ਆਖਣਗੇ ਕਿ ਇਹਨਾਂ ਨੂੰ ਇਕ ਵੱਡੀ ਜ਼ੋਰਾਵਰ ਤੇ ਜਾਣਨਹਾਰ ਹਸਤੀ ਨੇ ਸਾਜਿਆ ਹੈ।	وَلَئِن سَأَلْتَهُم مَّنْ خَلَقَ السَّمَاوَاتِ وَالْأَرْضَ لَيَقُولُنَّ خَلَقَهُنَّ الْعَزِيزُ الْعَلِيمُ ﴿٩﴾
10. ਉਹ (ਅੱਲਾਹ) ਹੈ ਜਿਸ ਨੇ ਧਰਤੀ ਨੂੰ ਤੁਹਾਡੇ ਲਈ ਪੰਘੂੜਾ ਬਣਾਇਆ ਅਤੇ ਇਸੇ ਵਿਚ ਤੁਹਾਡੇ ਲਈ ਰਸਤੇ ਬਣਾ ਦਿੱਤੇ ਤਾਂ ਜੋ ਤੁਸੀਂ ਆਪਣੀ ਮੰਜ਼ਿਲ ਦੀ ਰਾਹ ਪਾ ਸਕੋ।	الَّذِي جَعَلَ لَكُمُ الْأَرْضَ مَهْدًا وَجَعَلَ لَكُمْ فِيهَا سُبُلًا لَّعَلَّكُمْ تَهْتَدُونَ ﴿١٠﴾
11 ਉਹ (ਅੱਲਾਹ) ਜਿਸ ਨੇ ਇਕ ਖ਼ਾਸ ਮਾਤਰਾ ਵਿਚ ਅਕਾਸ਼ੋਂ ਪਾਣੀ ਉਤਾਰਿਆ, ਫੇਰ ਅਸੀਂ ਉਸੇ (ਪਾਣੀ) ਦੁਆਰਾ ਮੁਰਦਾ ਸ਼ਹਿਰ (ਬੰਜਰ ਧਰਤੀ) ਨੂੰ ਜਿਊਂਦਾ (ਉਪਜਾਊ) ਕਰ ਦਿੱਤਾ, ਇਸੇ ਤਰ੍ਹਾਂ ਤੁਸੀਂ ਵੀ (ਕਬਰਾਂ ਵਿੱਚੋਂ ਕਿਆਮਤ ਦਿਹਾੜੇ) ਕੱਢੇ ਜਾਵੋਗੇ।	وَالَّذِي نَزَّلَ مِنَ السَّمَاءِ مَاءً بِقَدَرٍ فَأَنشَرْنَا بِهِ بَلْدَةً مَّيْتًا ۚ كَذَٰلِكَ تُخْرَجُونَ ﴿١١﴾
12. ਉਹ ਜਿਸ ਨੇ ਸਾਰਿਆਂ ਦੇ ਜੋੜੇ ਪੈਦਾ ਕੀਤੇ ਅਤੇ ਤੁਹਾਡੇ ਲਈ ਬੇੜੀਆਂ ਅਤੇ ਚਾਰ ਪੈਰਾਂ ਵਾਲੇ ਜਾਨਵਰ ਬਣਾਏ, ਜਿਨ੍ਹਾਂ ਉੱਤੇ ਤੁਸੀਂ ਸਵਾਰ ਹੁੰਦੇ ਹੋ।	وَالَّذِي خَلَقَ الْأَزْوَاجَ كُلَّهَا وَجَعَلَ لَكُم مِّنَ الْفُلْكِ وَالْأَنْعَامِ مَا تَرْكَبُونَ ﴿١٢﴾
13. ਤਾਂ ਜੋ ਤੁਸੀਂ ਉਹਨਾਂ (ਪਸ਼ੂਆਂ) ਦੀ ਪਿੱਠ ਉੱਤੇ ਚੜ੍ਹ ਕੇ ਬੈਠੋ। ਜਦੋਂ ਤੁਸੀਂ ਚੰਗੀ ਤਰ੍ਹਾਂ ਬੈਠ ਜਾਓ ਤਾਂ ਆਪਣੇ ਰੱਬ ਦੀ ਨਿਅਮਤ ਨੂੰ ਯਾਦ ਕਰੋ ਅਤੇ	لِتَسْتَوُوا عَلَىٰ ظُهُورِهِ ثُمَّ تَذْكُرُوا نِعْمَةَ رَبِّكُمْ إِذَا اسْتَوَيْتُمْ عَلَيْهِ وَتَقُولُوا سُبْحَانَ الَّذِي سَخَّرَ لَنَا هَٰذَا وَمَا كُنَّا لَهُ مُقْرِنِينَ ﴿١٣﴾

ਆਖੋ ਕਿ ਅੱਲਾਹ (ਹਰ ਐਬ ਤੋਂ) ਪਾਕ ਹੈ, ਜਿਸ ਨੇ ਇਸ (ਸਵਾਰੀ) ਨੂੰ ਸਾਡੇ ਵਸ ਵਿਚ ਕਰ ਛੱਡਿਆ ਹੈ, ਜਦ ਕਿ ਅਸੀਂ ਇਸ ਨੂੰ ਕਾਬੂ ਕਰ ਲੈਣ ਦੀ ਸਮਰਥਾ ਨਹੀਂ ਸੀ ਰੱਖਦੇ।

14. ਅਸੀਂ ਜ਼ਰੂਰ ਹੀ ਆਪਣੇ ਰੱਬ ਵੱਲ ਪਰਤਣ ਵਾਲੇ ਹਾਂ।

وَإِنَّا إِلَىٰ رَبِّنَا لَمُنقَلِبُونَ ١٤

15. ਅਤੇ ਇਹਨਾਂ ਲੋਕਾਂ ਨੇ ਅੱਲਾਹ ਦੇ ਹੀ ਕੁੱਝ ਬੰਦਿਆਂ ਨੂੰ ਉਸ ਦਾ ਅੰਸ਼ (ਸੰਤਾਨ) ਥਾਪ ਦਿੱਤਾ। ਬੇਸ਼ੱਕ ਮਨੁੱਖ ਸਪਸ਼ਟ ਰੂਪ ਵਿਚ (ਰੱਬ ਦਾ) ਨਾ-ਸ਼ੁਕਰਾ ਹੈ।

وَجَعَلُوا لَهُ مِنْ عِبَادِهِ جُزْءًا ۚ إِنَّ الْإِنسَانَ لَكَفُورٌ مُّبِينٌ ١٥

16. ਕੀ ਉਸ (ਅੱਲਾਹ) ਨੇ ਉਸ ਵਿੱਚੋਂ, ਜੋ ਉਹ ਪੈਦਾ ਕਰਦਾ ਹੈ, (ਆਪਣੇ ਲਈ ਤਾਂ) ਧੀਆਂ ਦੀ ਚੋਣ ਕਰ ਲਈ ਅਤੇ ਤੁਹਾਨੂੰ ਪੁੱਤਰਾਂ ਨਾਲ ਨਿਵਾਜ਼ ਦਿੱਤਾ?

أَمِ اتَّخَذَ مِمَّا يَخْلُقُ بَنَاتٍ وَأَصْفَاكُم بِالْبَنِينَ ١٦

17. ਜਦੋਂ ਉਹਨਾਂ ਵਿੱਚੋਂ ਕਿਸੇ ਨੂੰ ਉਸ (ਧੀ ਪੈਦਾ ਹੋਣ) ਦੀ ਖ਼ੁਸ਼ਖ਼ਬਰੀ ਸੁਣਾਈ ਜਾਂਦੀ ਹੈ, ਜਿਸ ਦਾ ਸੰਬੰਧ ਇਹ ਲੋਕ ਰਹਿਮਾਨ (ਭਾਵ ਅੱਲਾਹ) ਨਾਲ ਜੋੜਦੇ ਹਨ, ਤਾਂ ਉਸ ਦੇ ਚਿਹਰੇ ਉੱਤੇ ਕਾਲਸ ਛਾ ਜਾਂਦੀ ਹੈ ਅਤੇ ਉਹ ਸੋਗ ਨਾਲ ਭਰ ਜਾਂਦਾ ਹੈ।

وَإِذَا بُشِّرَ أَحَدُهُم بِمَا ضَرَبَ لِلرَّحْمَٰنِ مَثَلًا ظَلَّ وَجْهُهُ مُسْوَدًّا وَهُوَ كَظِيمٌ ١٧

18. ਕੀ ਉਹ (ਇਸਤਰੀ) ਜਿਹੜੀ ਗਹਿਣਿਆਂ ਵਿਚ ਪਾਲੀ ਪੋਸੀ ਜਾਂਦੀ ਹੈ ਅਤੇ ਵਾਦ-ਵਿਵਾਦ ਸਮੇਂ ਆਪਣੀ ਗੱਲ ਵੀ ਸਪਸ਼ਟ ਨਹੀਂ ਕਰ ਸਕਦੀ, ਅੱਲਾਹ ਦੀ ਧੀ ਹੋ ਸਕਦੀ ਹੈ?

أَوَمَن يُنَشَّأُ فِي الْحِلْيَةِ وَهُوَ فِي الْخِصَامِ غَيْرُ مُبِينٍ ١٨

19. ਉਹਨਾਂ ਨੇ ਫ਼ਰਿਸ਼ਤਿਆਂ ਨੂੰ, ਜਿਹੜੇ ਕਿ ਰਹਿਮਾਨ ਦੇ ਬੰਦੇ ਹਨ, ਰਹਿਮਾਨ (ਅੱਲਾਹ) ਦੀਆਂ ਧੀਆਂ ਮੰਨ ਲਿਆ। ਕੀ ਉਹ (ਫ਼ਰਿਸ਼ਤਿਆਂ) ਦੇ ਜਨਮ ਸਮੇਂ ਹਾਜ਼ਰ ਸਨ? ਇਹਨਾਂ ਦੀ ਗਵਾਹੀ ਜ਼ਰੂਰ ਲਿਖੀ ਜਾਵੇਗੀ

وَجَعَلُوا الْمَلَائِكَةَ الَّذِينَ هُمْ عِبَادُ الرَّحْمَٰنِ إِنَاثًا ۚ أَشَهِدُوا خَلْقَهُمْ ۚ سَتُكْتَبُ شَهَادَتُهُمْ وَيُسْأَلُونَ ١٩

ਅਤੇ ਇਹਨਾਂ ਤੋਂ ਇਸ (ਗੱਲ) ਦੀ ਪੁੱਛ-ਗਿੱਛ ਵੀ ਕੀਤੀ ਜਾਵੇਗੀ।

20. ਉਹ (ਮੁਸ਼ਰਿਕ) ਆਖਦੇ ਹਨ ਕਿ ਜੇ ਅੱਲਾਹ ਚਾਹੁੰਦਾ ਤਾਂ ਅਸੀਂ ਇਹਨਾਂ ਝੂਠੇ ਇਸ਼ਟਾਂ ਦੀ ਇਬਾਦਤ ਕਦੇ ਵੀ ਨਾ ਕਰਦੇ। ਇਹ ਲੋਕ ਕੁੱਝ ਵੀ ਗਿਆਨ ਨਹੀਂ ਰੱਖਦੇ, ਨਿਰੇ ਤੀਰ-ਤੁੱਕੇ ਚਲਾ ਰਹੇ ਹਨ।

وَقَالُوا لَوْ شَاءَ الرَّحْمَٰنُ مَا عَبَدْنَاهُم ۗ مَّا لَهُم بِذَٰلِكَ مِنْ عِلْمٍ ۖ إِنْ هُمْ إِلَّا يَخْرُصُونَ ٢٠

21. ਜਾਂ ਅਸੀਂ ਇਸ ਤੋਂ ਪਹਿਲਾਂ ਇਹਨਾਂ ਨੂੰ ਕੋਈ ਕਿਤਾਬ ਦਿੱਤੀ ਹੋਈ ਹੈ ਜਿਸ ਨੂੰ ਇਹ ਲੋਕ ਮਜ਼ਬੂਤੀ ਨਾਲ ਫੜੀ ਫਿਰਦੇ ਹਨ?

أَمْ آتَيْنَاهُمْ كِتَابًا مِّن قَبْلِهِ فَهُم بِهِ مُسْتَمْسِكُونَ ٢١

22. ਨਹੀਂ, ਸਗੋਂ ਇਹ ਲੋਕ ਆਖਦੇ ਹਨ ਕਿ ਬੇਸ਼ੱਕ ਅਸੀਂ ਤਾਂ ਆਪਣੇ ਪਿਓ ਦਾਦਿਆਂ ਨੂੰ ਇਕ ਰਾਹ ਉੱਤੇ ਹੀ ਵੇਖਿਆ ਹੈ ਅਤੇ ਅਸੀਂ ਤਾਂ ਉਹਨਾਂ ਦੀ ਪੈਰਵੀ ਕਰਨ ਵਾਲੇ ਹਾਂ।

بَلْ قَالُوا إِنَّا وَجَدْنَا آبَاءَنَا عَلَىٰ أُمَّةٍ وَإِنَّا عَلَىٰ آثَارِهِم مُّهْتَدُونَ ٢٢

23. (ਹੇ ਨਬੀ!) ਇਸ ਤਰ੍ਹਾਂ ਤੁਹਾਥੋਂ ਪਹਿਲਾਂ ਅਸੀਂ ਜਿਸ ਬਸਤੀ ਵਿਚ ਵੀ ਕੋਈ ਡਰਾਉਣ ਵਾਲਾ (ਪੈਗ਼ੰਬਰ) ਭੇਜਿਆ ਤਾਂ ਉੱਥੇ ਦੇ ਖ਼ੁਸ਼ਹਾਲ ਲੋਕਾਂ ਨੇ ਇਹੋ ਆਖਿਆ ਕਿ ਅਸੀਂ ਆਪਣੇ ਪਿਓ ਦਾਦਿਆਂ ਨੂੰ ਇਸੇ ਇਕ ਰਾਹ ਉੱਤੇ ਹੀ ਵੇਖਿਆ ਹੈ ਤੇ ਅਸੀਂ ਉਹਨਾਂ ਦੀ ਹੀ ਪੈਰਵੀ ਕਰਾਂਗੇ।

وَكَذَٰلِكَ مَا أَرْسَلْنَا مِن قَبْلِكَ فِي قَرْيَةٍ مِّن نَّذِيرٍ إِلَّا قَالَ مُتْرَفُوهَا إِنَّا وَجَدْنَا آبَاءَنَا عَلَىٰ أُمَّةٍ وَإِنَّا عَلَىٰ آثَارِهِم مُّقْتَدُونَ ٢٣

24. ਹਰੇਕ ਨਬੀ ਨੇ (ਆਪਣੀ ਬਸਤੀ ਵਾਲਿਆਂ ਨੂੰ) ਇਹੋ ਪੁੱਛਿਆ, (ਕਿ ਹੋਰ ਵੀ ਇਨਕਾਰ ਕਰੋਗੇ) ਭਾਵੇਂ ਮੈਂ ਤੁਹਾਨੂੰ ਉਸ ਨਾਲੋਂ ਵਧੇਰੇ ਸਿੱਧਾ ਰਾਹ ਦਰਸਾ ਦਿਆਂ, ਜਿਸ ਉੱਤੇ ਤੁਸੀਂ ਆਪਣੇ ਪਿਓ ਦਾਦਿਆਂ (ਬਜ਼ੁਰਗਾਂ) ਨੂੰ ਵੇਖਿਆ ਹੈ? ਜਵਾਬ ਵਿਚ ਉਹਨਾਂ ਸਭ ਨੇ (ਪੈਗ਼ੰਬਰਾਂ ਨੂੰ) ਇਹੋ ਆਖਿਆ ਕਿ ਤੁਹਾਨੂੰ ਜਿਹੜਾ ਧਰਮ ਦੇ ਕੇ ਭੇਜਿਆ ਹੈ, ਅਸੀਂ ਉਸ ਦਾ ਇਨਕਾਰ ਕਰਦੇ ਹਾਂ।

قُلْ أَوَلَوْ جِئْتُكُم بِأَهْدَىٰ مِمَّا وَجَدتُّمْ عَلَيْهِ آبَاءَكُمْ ۖ قَالُوا إِنَّا بِمَا أُرْسِلْتُم بِهِ كَافِرُونَ ٢٤

25. ਸੋ ਅਸਾਂ ਉਹਨਾਂ (ਇਨਕਾਰੀਆਂ) ਤੋਂ ਬਦਲਾ ਲਿਆ। ਰਤਾ ਵੇਖੋ ਤਾਂ ਸਹੀ ਕਿ ਝੁਠਲਾਉਣ ਵਾਲਿਆਂ ਦਾ ਅੰਤ ਕਿਹੋ ਜਿਹਾ ਹੋਇਆ।

فَانْتَقَمْنَا مِنْهُمْ فَانْظُرْ كَيْفَ كَانَ عَاقِبَةُ
الْمُكَذِّبِينَ ﴿25﴾

26. (ਹੇ ਨਬੀ! ਉਹ ਵੇਲਾ ਵੀ ਯਾਦ ਕਰੋ) ਜਦੋਂ ਇਬਰਾਹੀਮ ਨੇ ਆਪਣੇ ਪਿਓ ਤੇ ਆਪਣੀ ਕੌਮ ਨੂੰ ਆਖਿਆ ਸੀ ਕਿ ਬੇਸ਼ੱਕ ਮੇਰਾ ਇਹਨਾਂ ਬੁੱਤਾਂ ਨਾਲ ਕੋਈ ਸੰਬੰਧ ਨਹੀਂ ਜਿਨ੍ਹਾਂ ਦੀ ਪੂਜਾ ਤੁਸੀਂ ਕਰਦੇ ਹੋ।

وَإِذْ قَالَ إِبْرَاهِيمُ لِأَبِيهِ وَقَوْمِهِ إِنَّنِي
بَرَاءٌ مِمَّا تَعْبُدُونَ ﴿26﴾

27. ਛੁੱਟ ਉਸ ਤੋਂ ਜਿਸ (ਅੱਲਾਹ) ਨੇ ਮੈਨੂੰ ਪੈਦਾ ਕੀਤਾ ਹੈ ਅਤੇ ਉਹ ਛੇਤੀ ਹੀ ਮੇਰੀ ਅਗਵਾਈ ਕਰੇਗਾ।

إِلَّا الَّذِي فَطَرَنِي فَإِنَّهُ سَيَهْدِينِ ﴿27﴾

28. ਅਤੇ ਇਬਰਾਹੀਮ ਆਪਣੀ ਔਲਾਦ ਲਈ ਇਸੇ (ਤੌਹੀਦ ਦੇ ਕਲਮੇ ਨੂੰ) ਸਦਾ ਬਾਕੀ ਰਹਿਣ ਵਾਲਾ ਕਲਮਾ ਬਣਾ ਗਿਆ ਤਾਂ ਜੋ ਉਹ (ਅੱਲਾਹ ਵੱਲ) ਪਰਤ ਆਉਣ।

وَجَعَلَهَا كَلِمَةً بَاقِيَةً فِي عَقِبِهِ لَعَلَّهُمْ
يَرْجِعُونَ ﴿28﴾

29. ਸਗੋਂ ਮੈਂ ਉਹਨਾਂ ਨੂੰ ਅਤੇ ਉਹਨਾਂ ਦੇ ਪਿਓ ਦਾਦਿਆਂ ਨੂੰ (ਜੀਵਨ ਸਮੱਗਰੀ ਦੇ ਕੇ) ਲਾਭ ਪਹੁੰਚਾਇਆ, ਇੱਥੋਂ ਤਕ ਕਿ ਉਹਨਾਂ ਕੋਲ ਹੱਕ (ਭਾਵ ਸੱਚਾ ਧਰਮ) ਤੇ ਸਪਸ਼ਟ ਰੂਪ ਵਿਚ (ਅੱਲਾਹ ਦੇ ਹੁਕਮਾਂ ਨੂੰ) ਬਿਆਨ ਕਰਨ ਵਾਲਾ ਰਸੂਲ ਆ ਗਿਆ।

بَلْ مَتَّعْتُ هَٰؤُلَاءِ وَآبَاءَهُمْ حَتَّىٰ
جَاءَهُمُ الْحَقُّ وَرَسُولٌ مُبِينٌ ﴿29﴾

30. ਜਦੋਂ ਇਹੋ ਹੱਕ (.ਕੁਰਆਨ) ਇਹਨਾਂ (ਮੱਕੇ ਵਾਲਿਆਂ) ਕੋਲ ਪਹੁੰਚਿਆ ਤਾਂ ਇਹ ਆਖਣ ਲੱਗੇ, ਇਹ ਤਾਂ ਨਿਰਾ ਜਾਦੂ ਹੈ, ਅਸੀਂ ਇਸ ਦੇ ਇਨਕਾਰੀ ਹਾਂ।

وَلَمَّا جَاءَهُمُ الْحَقُّ قَالُوا هَٰذَا سِحْرٌ وَإِنَّا بِهِ
كَافِرُونَ ﴿30﴾

31. ਅਤੇ ਆਖਿਆ ਕਿ ਇਹ .ਕੁਰਆਨ ਇਹਨਾਂ ਦੋਵਾਂ ਬਸਤੀਆਂ (ਮੱਕਾ ਜਾਂ ਤਾਇਫ਼) ਦੇ ਕਿਸੇ ਵੱਡੇ ਆਦਮੀ ਉੱਤੇ ਨਾਜ਼ਿਲ ਕਿਉਂ ਨਹੀਂ ਕੀਤਾ ਗਿਆ?

وَقَالُوا لَوْلَا نُزِّلَ هَٰذَا الْقُرْآنُ عَلَىٰ رَجُلٍ
مِنَ الْقَرْيَتَيْنِ عَظِيمٍ ﴿31﴾

أَهُمْ يَقْسِمُونَ رَحْمَتَ رَبِّكَ ۚ نَحْنُ قَسَمْنَا بَيْنَهُم مَّعِيشَتَهُمْ فِي الْحَيَاةِ الدُّنْيَا ۚ وَرَفَعْنَا بَعْضَهُمْ فَوْقَ بَعْضٍ دَرَجَاتٍ لِّيَتَّخِذَ بَعْضُهُم بَعْضًا سُخْرِيًّا ۗ وَرَحْمَتُ رَبِّكَ خَيْرٌ مِّمَّا يَجْمَعُونَ (32)

32. (ਹੇ ਨਬੀ!) ਕੀ ਤੁਹਾਡੇ ਰੱਬ ਦੀ ਮਿਹਰ ਦੀ ਵੰਡ ਇਹ ਲੋਕ ਕਰਦੇ ਹਨ? ਜਦ ਕਿ ਅਸੀਂ ਹੀ ਸੰਸਾਰਿਕ ਜਿਵਨ ਵਿਚ ਇਹਨਾਂ ਵਿਚਾਲੇ ਰੋਜ਼ੀ ਵੰਡੀ ਹੈ ਅਤੇ ਅਸਾਂ ਹੀ ਮਰਤਬਿਆਂ ਵਿਚ ਇਹਨਾਂ ਨੂੰ ਇਕ ਦੂਜੇ ਤੋਂ ਉੱਚਾ ਦਰਜਾ ਦਿੱਤਾ ਹੈ, ਤਾਂ ਜੋ ਉਹ ਇਕ ਦੂਜੇ ਤੋਂ ਸੇਵਾ ਕਰਵਾ ਸਕਣ। ਤੁਹਾਡੇ 'ਤੇ ਰੱਬ ਦੀ ਮਿਹਰ (ਭਾਵ ਪੈਗ਼ੰਬਰੀ) ਉਸ ਧਨ-ਪਦਾਰਥ ਨਾਲੋਂ ਕਿਤੇ ਵੱਧ ਕੀਮਤੀ ਹੈ ਜੋ ਇਹ ਸਮੇਟ ਕਰ ਰਹੇ ਹਨ।

وَلَوْلَا أَن يَكُونَ النَّاسُ أُمَّةً وَاحِدَةً لَّجَعَلْنَا لِمَن يَكْفُرُ بِالرَّحْمَٰنِ لِبُيُوتِهِمْ سُقُفًا مِّن فِضَّةٍ وَمَعَارِجَ عَلَيْهَا يَظْهَرُونَ (33)

33. ਜੇ ਇਹ ਸ਼ੰਕਾ ਨਾ ਹੁੰਦੀ ਕਿ ਸਾਰੇ ਹੀ ਲੋਕ ਇਕ ਹੀ ਟੋਲਾ (ਭਾਵ ਕਾਫ਼ਿਰ) ਹੋ ਜਾਣਗੇ ਤਾਂ ਅਸਾਂ ਉਹਨਾਂ ਲੋਕਾਂ ਲਈ, ਜਿਹੜੇ ਰਹਿਮਾਨ (ਅੱਲਾਹ) ਦਾ ਇਨਕਾਰ ਕਰਦੇ ਹਨ, ਉਹਨਾਂ ਦੇ ਘਰਾਂ ਦੀਆਂ ਛੱਤਾਂ ਅਤੇ ਪੌੜੀਆਂ ਚਾਂਦੀ ਦੀਆਂ ਬਣਾ ਦਿੰਦੇ, ਜਿਨ੍ਹਾਂ ਉੱਤੇ ਉਹ ਚੜ੍ਹਦੇ ਹਨ।

وَلِبُيُوتِهِمْ أَبْوَابًا وَسُرُرًا عَلَيْهَا يَتَّكِئُونَ (34)

34 ਅਤੇ ਉਹਨਾਂ ਦੇ ਘਰਾਂ ਦੇ ਬੂਹੇ ਅਤੇ ਤਖ਼ਤ ਵੀ (ਚਾਂਦੀ ਦੇ ਬਣਾ ਦਿੰਦੇ) ਜਿਨ੍ਹਾਂ ਉੱਤੇ ਉਹ ਤਕੀਏ ਲਾ ਕੇ ਬਹਿੰਦੇ ਹਨ।

وَزُخْرُفًا ۚ وَإِن كُلُّ ذَٰلِكَ لَمَّا مَتَاعُ الْحَيَاةِ الدُّنْيَا ۚ وَالْآخِرَةُ عِندَ رَبِّكَ لِلْمُتَّقِينَ (35)

35 ਅਤੇ ਇਹ ਸਭ ਸੋਨੇ ਦੇ ਵੀ ਬਣਾ ਦਿੰਦੇ ਅਤੇ ਇਹ ਸਭ ਸੰਸਾਰਿਕ ਜੀਵਨ ਸਮੱਗਰੀ ਹੈ, ਜਦ ਕਿ ਆਖ਼ਿਰਤ ਦੀ ਸਮੱਗਰੀ, ਤੁਹਾਡੇ ਰੱਬ ਦੀ ਨਜ਼ਰ ਵਿਚ ਕੇਵਲ ਰੱਬ ਦਾ ਡਰ-ਭੌ ਮੰਨਣ ਵਾਲਿਆਂ ਲਈ ਹੈ।

وَمَن يَعْشُ عَن ذِكْرِ الرَّحْمَٰنِ نُقَيِّضْ لَهُ شَيْطَانًا فَهُوَ لَهُ قَرِينٌ (36)

36. ਜਿਹੜਾ ਵਿਅਕਤੀ ਰਹਿਮਾਨ (ਅੱਲਾਹ) ਦੇ ਸਿਮਰਨ ਤੋਂ ਅੰਨ੍ਹਾਂ (ਬੇ ਸੁਰਤ) ਹੁੰਦਾ ਹੈ ਤਾਂ ਅਸੀਂ ਉਸ 'ਤੇ ਇਕ ਸ਼ੈਤਾਨ ਨਿਯੁਕਤ ਕਰ ਦਿੰਦੇ ਹਾਂ, ਫੇਰ ਉਹ ਉਸ ਦਾ ਸਾਥੀ ਬਣ ਜਾਂਦਾ ਹੈ।

37. ਉਹ (ਸ਼ੈਤਾਨ) ਉਹਨਾਂ ਨੂੰ ਸਿੱਧੇ ਰਾਹ ਤੋਂ ਰੋਕਦਾ ਹੈ ਜਦ ਕਿ ਉਹ ਆਪ ਇਹ ਸਮਝਦੇ ਹਨ ਕਿ ਉਹ ਹਿਦਾਇਤ (ਵਾਲੀ ਰਾਹ) ਉੱਤੇ ਹਨ।

وَإِنَّهُمْ لَيَصُدُّونَهُمْ عَنِ السَّبِيلِ وَيَحْسَبُونَ أَنَّهُم مُّهْتَدُونَ ﴿٣٧﴾

38. ਅਖ਼ੀਰ, ਜਦੋਂ ਉਹ (ਕੁਰਾਹੇ ਪਿਆ ਹੋਇਆ ਵਿਅਕਤੀ) ਸਾਡੇ ਕੋਲ ਆਵੇਗਾ ਤਾਂ (ਸ਼ੈਤਾਨ ਨੂੰ) ਆਖੇਗਾ, ਕਾਸ਼! ਮੇਰੇ ਤੇ ਤੇਰੇ ਵਿਚਾਲੇ ਪੂਰਬ ਤੇ ਪੱਛਮ ਜਿੰਨੀ ਦੂਰੀ ਹੁੰਦੀ, ਤੂੰ ਤਾਂ ਬਹੁਤ ਹੀ ਭੈੜਾ ਸਾਥੀ ਹੈਂ।

حَتَّىٰ إِذَا جَاءَنَا قَالَ يَا لَيْتَ بَيْنِي وَبَيْنَكَ بُعْدَ الْمَشْرِقَيْنِ فَبِئْسَ الْقَرِينُ ﴿٣٨﴾

39. ਉਸ ਵੇਲੇ ਉਹਨਾਂ ਕਾਫ਼ਿਰਾਂ ਨੂੰ ਆਖਿਆ ਜਾਵੇਗਾ ਕਿ ਜਦੋਂ ਤੁਸੀਂ ਵਧੀਕੀਆਂ ਕਰ ਚੁੱਕੇ ਤਾਂ ਅੱਜ ਇਹ ਗੱਲ (ਆਖਣੀ) ਤੁਹਾਡੇ ਲਈ ਕੁੱਝ ਵੀ ਲਾਹੇਵੰਦ ਨਹੀਂ ਹੋਵੇਗੀ, ਅੱਜ ਤੁਸੀਂ ਸਾਰੇ ਅਜ਼ਾਬ ਵਿਚ ਭਾਈਵਾਲ ਹੋ।

وَلَن يَنفَعَكُمُ الْيَوْمَ إِذ ظَّلَمْتُمْ أَنَّكُمْ فِي الْعَذَابِ مُشْتَرِكُونَ ﴿٣٩﴾

40. (ਹੇ ਨਬੀ!) ਕੀ ਤੁਸੀਂ ਬੋਲਿਆਂ ਨੂੰ ਸੁਣਾ ਸਕਦੇ ਹੋ? ਜਾਂ ਅੰਨ੍ਹਿਆਂ ਨੂੰ ਰਾਹ ਵਿਖਾ ਸਕਦੇ ਹੋ, ਜਿਹੜੇ ਖੁੱਲ੍ਹੀ ਗੁਮਰਾਹੀ ਵਿਚ ਪਏ ਹੋਏ ਹਨ?

أَفَأَنتَ تُسْمِعُ الصُّمَّ أَوْ تَهْدِي الْعُمْيَ وَمَن كَانَ فِي ضَلَالٍ مُّبِينٍ ﴿٤٠﴾

41. ਜੇ ਅਸੀਂ (ਹੇ ਮੁਹੰਮਦ!) ਤੁਹਾਨੂੰ ਸੰਸਾਰ ਤੋਂ ਚੁੱਕ ਵੀ ਲਈਏ ਫੇਰ ਵੀ ਅਸੀਂ ਇਹਨਾਂ (ਜ਼ਾਲਮਾਂ) ਤੋਂ ਬਦਲਾ ਲੈਣਾ ਹੀ ਲੈਣਾ ਹੈ।

فَإِمَّا نَذْهَبَنَّ بِكَ فَإِنَّا مِنْهُم مُّنتَقِمُونَ ﴿٤١﴾

42. ਜਾਂ (ਹੋ ਸਕਦਾ ਹੈ ਕਿ) ਅਸੀਂ ਉਹ ਅਜ਼ਾਬ ਤੁਹਾਨੂੰ (ਜਿਉਂਦੇ ਜੀ) ਵਿਖਾ ਦਈਏ ਜਿਸ ਦਾ ਬਚਨ ਅਸੀਂ ਇਹਨਾਂ ਨਾਲ ਕੀਤਾ ਹੋਇਆ ਹੈ। ਬੇਸ਼ੱਕ ਅਸੀਂ ਇਹ ਸਭ ਕਰਨ ਦੀ ਸਮਰਥਾ ਰੱਖਦੇ ਹਾਂ।

أَوْ نُرِيَنَّكَ الَّذِي وَعَدْنَاهُمْ فَإِنَّا عَلَيْهِم مُّقْتَدِرُونَ ﴿٤٢﴾

43. (ਹੇ ਨਬੀ!) ਜਿਹੜੀ ਵਹੀ ਤੁਹਾਡੇ ਵੱਲ ਘੱਲੀ ਗਈ ਹੈ ਤੁਸੀਂ ਉਸ ਨੂੰ ਮਜ਼ਬੂਤੀ ਨਾਲ ਫੜੀ ਰੱਖੋ। ਬੇਸ਼ੱਕ ਤੁਸੀਂ ਸਿੱਧੇ ਰਾਹ ਉੱਤੇ ਹੋ।

فَاسْتَمْسِكْ بِالَّذِي أُوحِيَ إِلَيْكَ ۖ إِنَّكَ عَلَىٰ صِرَاطٍ مُّسْتَقِيمٍ ﴿٤٣﴾

44 ਬੇਸ਼ੱਕ ਇਹ ਕ਼ੁਰਆਨ ਤੁਹਾਡੇ ਲਈ ਤੇ ਤੁਹਾਡੀ ਕੌਮ ਲਈ ਨਸੀਹਤ ਹੈ, ਛੇਤੀ ਹੀ ਤੁਹਾਥੋਂ (ਤੁਹਾਡੇ ਅਮਲਾਂ ਦੀ) ਪੁੱਛ-ਗਿੱਛ ਹੋਵੇਗੀ।

وَإِنَّهُۥ لَذِكْرٌ لَّكَ وَلِقَوْمِكَ ۖ وَسَوْفَ تُسْـَٔلُونَ ﴿٤٤﴾

45. (ਹੇ ਨਬੀ!) ਅਸੀਂ ਜਿਹੜੇ ਵੀ ਰਸੂਲ ਤੁਹਾਥੋਂ ਪਹਿਲਾਂ ਘੱਲੇ ਸਨ ਉਹਨਾਂ ਤੋਂ ਪੁੱਛ ਲਓ, ਕੀ ਅਸੀਂ ਰਹਿਮਾਨ (ਅੱਲਾਹ) ਤੋਂ ਛੁੱਟ ਕੋਈ ਹੋਰ ਇਸ਼ਟ ਵੀ ਨਿਯੁਕਤ ਕੀਤੇ ਸਨ ਕਿ ਉਹਨਾਂ ਦੀ ਇਬਾਦਤ ਕੀਤੀ ਜਾਵੇ?

وَسْـَٔلْ مَنْ أَرْسَلْنَا مِن قَبْلِكَ مِن رُّسُلِنَآ
أَجَعَلْنَا مِن دُونِ ٱلرَّحْمَٰنِ ءَالِهَةً يُعْبَدُونَ ﴿٤٥﴾

46. ਨਿਰਸੰਦੇਹ, ਅਸੀਂ ਮੂਸਾ ਨੂੰ ਆਪਣੀਆਂ ਨਿਸ਼ਾਨੀਆਂ ਸਹਿਤ ਫ਼ਿਰਔਨ ਅਤੇ ਉਸ (ਦੀ ਕੌਮ) ਦੇ ਸਰਦਾਰਾਂ ਵੱਲ ਭੇਜਿਆ ਅਤੇ ਮੂਸਾ ਨੇ ਉਹਨਾਂ ਨੂੰ ਆਖਿਆ ਕਿ ਮੈਂ ਕੁੱਲ ਜਹਾਨ ਦੇ ਪਾਲਣਹਾਰ (ਅੱਲਾਹ) ਦਾ ਭੇਜਿਆ ਹੋਇਆ ਰਸੂਲ ਹਾਂ।

وَلَقَدْ أَرْسَلْنَا مُوسَىٰ بِـَٔايَٰتِنَآ إِلَىٰ فِرْعَوْنَ وَمَلَإِي۟هِۦ
فَقَالَ إِنِّى رَسُولُ رَبِّ ٱلْعَٰلَمِينَ ﴿٤٦﴾

47. ਜਦੋਂ ਉਹ (ਮੂਸਾ) ਉਹਨਾਂ (ਫ਼ਿਰਔਨੀਆਂ) ਕੋਲ ਸਾਡੇ ਮੁਅਜਜ਼ੇ (ਨਿਸ਼ਾਨੀਆਂ) ਲੈਕੇ ਆਇਆ ਤਾਂ ਉਹ ਲੋਕ ਉਹਨਾਂ (ਨਿਸ਼ਾਨੀਆਂ) ਦਾ ਮਖ਼ੌਲ ਉਡਾਉਣ ਲੱਗੇ।

فَلَمَّا جَآءَهُم بِـَٔايَٰتِنَآ إِذَا هُم مِّنْهَا يَضْحَكُونَ ﴿٤٧﴾

48. ਅਸੀਂ ਉਹਨਾਂ ਨੂੰ ਜਿਹੜੀ ਵੀ ਨਿਸ਼ਾਨੀਆਂ ਵਿਖਾਉਂਦੇ ਉਹ ਪਹਿਲੀ ਨਿਸ਼ਾਨੀ ਨਾਲੋਂ ਵਧ-ਚੜ੍ਹ ਕੇ ਹੁੰਦੀ। ਅੰਤ ਅਸੀਂ ਉਹਨਾਂ ਨੂੰ ਅਜ਼ਾਬ ਵਿਚ ਨੱਪ ਲਿਆ ਤਾਂ ਜੋ ਉਹ ਆਪਣੀਆਂ ਕਰਤੂਤਾਂ ਤੋਂ ਬਾਜ਼ ਆ ਜਾਣ।

وَمَا نُرِيهِم مِّنْ ءَايَةٍ إِلَّا هِىَ أَكْبَرُ مِنْ أُخْتِهَا ۖ
وَأَخَذْنَٰهُم بِٱلْعَذَابِ لَعَلَّهُمْ يَرْجِعُونَ ﴿٤٨﴾

49. (ਜਦੋਂ ਅਜ਼ਾਬ ਆ ਗਿਆ ਤਾਂ) ਉਹਨਾਂ (ਫ਼ਿਰਔਨੀਆਂ) ਨੇ (ਮੂਸਾ ਨੂੰ) ਆਖਿਆ ਕਿ ਹੇ ਜਾਦੂਗਰ! ਤੇਰੇ ਰੱਬ ਨੇ ਜਿਹੜਾ ਤੇਰੇ ਨਾਲ (ਦੁਆ ਕਬੂਲ ਕਰਨ ਦਾ) ਵਾਅਦਾ ਕੀਤਾ ਹੋਇਆ ਹੈ, ਉਸ ਦੇ ਆਧਾਰ 'ਤੇ ਤੂੰ ਸਾਡੇ ਲਈ ਦੁਆ ਕਰ, ਫੇਰ ਅਸੀਂ ਜ਼ਰੂਰ ਹੀ ਹਿਦਾਇਤ ਪ੍ਰਾਪਤ ਕਰ ਲਵਾਂਗੇ।

وَقَالُوا۟ يَٰٓأَيُّهَ ٱلسَّاحِرُ ٱدْعُ لَنَا رَبَّكَ بِمَا عَهِدَ
عِندَكَ إِنَّنَا لَمُهْتَدُونَ ﴿٤٩﴾

50 ਜਿਵੇਂ ਹੀ ਅਸੀਂ ਉਹਨਾਂ ਤੋਂ ਅਜ਼ਾਬ ਦੂਰ ਕਰ ਦਿੰਦੇ ਤਾਂ ਉਹ ਉਸੇ ਵੇਲੇ ਆਪਣਾ ਵਚਨ ਤੋੜ ਦਿੰਦੇ।

فَلَمَّا كَشَفْنَا عَنْهُمُ الْعَذَابَ إِذَا هُمْ يَنْكُثُونَ 50

51. ਇਕ ਦਿਨ ਫ਼ਿਰਔਨ ਨੇ ਆਪਣੀ ਕੌਮ ਵਿਚ ਮੁਨਾਦੀ ਕਰਵਾਈ। ਉਸ ਨੇ ਆਖਿਆ ਕਿ ਹੇ ਮੇਰੀ ਕੌਮ! ਕੀ ਮਿਸਰ ਦੀ ਪਾਤਸ਼ਾਹੀ ਅਤੇ ਇਹ ਨਹਿਰਾਂ, ਜਿਹੜੀਆਂ ਮੇਰੇ ਮਹਿਲਾਂ ਦੇ ਹੇਠ ਵਗਦੀਆਂ ਹਨ, ਮੇਰੀਆਂ ਨਹੀਂ? ਕੀ ਤੁਸੀਂ ਵੇਖਦੇ ਨਹੀਂ?

وَنَادَىٰ فِرْعَوْنُ فِي قَوْمِهِ قَالَ يَا قَوْمِ أَلَيْسَ لِي مُلْكُ مِصْرَ وَهَٰذِهِ الْأَنْهَارُ تَجْرِي مِنْ تَحْتِي ۖ أَفَلَا تُبْصِرُونَ 51

52 ਅਤੇ ਕਿਹਾ ਮੈਂ ਤਾਂ ਇਸ (ਮੂਸਾ) ਤੋਂ ਕਿਤੇ ਵਧੀਆ ਹਾਂ, ਇਹ ਤਾਂ ਇਕ ਜ਼ਲੀਲ ਵਿਅਕਤੀ ਹੈ ਅਤੇ ਠੀਕ ਬੋਲ ਵੀ ਨਹੀਂ ਸਕਦਾ।

أَمْ أَنَا خَيْرٌ مِنْ هَٰذَا الَّذِي هُوَ مَهِينٌ وَلَا يَكَادُ يُبِينُ 52

53 (ਜੇ ਇਹ ਅੱਲਾਹ ਦਾ ਰਸੂਲ ਹੈ) ਫੇਰ ਇਸ ਲਈ ਸੋਨੇ ਦੇ ਕੰਗਣ ਕਿਉਂ ਨਹੀਂ ਉਤਾਰੇ ਗਏ? ਜਾਂ ਇਸ ਦੀ ਅਰਦਲ ਵਿਚ ਫ਼ਰਿਸ਼ਤੇ ਕਿਉਂ ਨਹੀਂ ਆਉਂਦੇ?

فَلَوْلَا أُلْقِيَ عَلَيْهِ أَسْوِرَةٌ مِنْ ذَهَبٍ أَوْ جَاءَ مَعَهُ الْمَلَائِكَةُ مُقْتَرِنِينَ 53

54 ਇੰਜ ਫ਼ਿਰਔਨ ਨੇ ਆਪਣੀ ਕੌਮ ਦੀ ਮੱਤ ਮਾਰ ਦਿੱਤੀ ਤੇ ਉਹਨਾਂ ਨੇ ਉਸ ਦੀ ਗੱਲ ਮੰਨ ਲਈ। ਨਿਰਸੰਦੇਹ, ਉਹੀ ਲੋਕ ਅਵੱਗਿਆਕਾਰੀ ਸਨ

فَاسْتَخَفَّ قَوْمَهُ فَأَطَاعُوهُ ۚ إِنَّهُمْ كَانُوا قَوْمًا فَاسِقِينَ 54

55. ਫੇਰ ਜਦੋਂ ਉਹਨਾਂ (ਫ਼ਿਰਔਨੀਆਂ) ਨੇ ਸਾਨੂੰ ਗੁੱਸਾ ਚਾੜ੍ਹ ਦਿੱਤਾ ਤਾਂ ਅਸੀਂ ਉਹਨਾਂ ਤੋਂ ਬਦਲਾ ਲਿਆ ਅਤੇ ਉਹਨਾਂ ਸਭ ਨੂੰ (ਇਕੱਠਿਆਂ) ਡੋਬ ਦਿੱਤਾ।

فَلَمَّا آسَفُونَا انْتَقَمْنَا مِنْهُمْ فَأَغْرَقْنَاهُمْ أَجْمَعِينَ 55

56 ਇਸ ਤਰ੍ਹਾਂ ਅਸੀਂ ਉਹਨਾਂ ਨੂੰ ਹੋਏ ਬੀਤੇ ਕਰ ਦਿੱਤਾ ਅਤੇ ਆਉਣ ਵਾਲਿਆਂ ਨਸਲਾਂ ਲਈ (ਸਿੱਖਿਆ ਦਾਇਕ) ਉਦਾਹਰਨ ਬਣਾ ਛੱਡਿਆ।

فَجَعَلْنَاهُمْ سَلَفًا وَمَثَلًا لِلْآخِرِينَ 56

57. (ਹੇ ਨਬੀ!) ਜਦੋਂ ਮਰੀਅਮ ਦੇ ਪੁੱਤਰ (ਈਸਾ) ਦੀ ਉਦਾਹਰਨ ਦਿੱਤੀ ਗਈ ਤਾਂ ਤੁਹਾਡੀ ਕੌਮ (ਖ਼ੁਸ਼ੀ ਨਾਲ) ਰੌਲਾ ਪਾਉਣ ਲੱਗ ਪਈ।

وَلَمَّا ضُرِبَ ابْنُ مَرْيَمَ مَثَلًا إِذَا قَوْمُكَ مِنْهُ يَصِدُّونَ 57

وَقَالُوٓا ءَأٰلِهَتُنَا خَيْرٌ أَمْ هُوَ ۚ مَا ضَرَبُوهُ لَكَ إِلَّا
جَدَلًا ۚ بَلْ هُمْ قَوْمٌ خَصِمُونَ ﴿58﴾

58. ਅਤੇ ਆਖਣ ਲੱਗੇ ਕੀ ਸਾਡੇ ਇਸ਼ਟ ਚੰਗੇ ਹਨ ਜਾਂ ਉਹ (ਈਸਾ)? ਉਹਨਾਂ ਨੇ ਇਹ ਉਦਾਹਰਨ ਤੁਹਾਡੇ ਨਾਲ ਝਗੜਾ ਕਰਨ ਲਈ ਬਿਆਨ ਕੀਤੀ ਸੀ। ਸੱਚਾਈ ਇਹੋ ਹੈ ਕਿ ਇਹ ਲੋਕ ਨਿਰੇ ਝਗੜਾਲੂ ਹਨ।

إِنْ هُوَ إِلَّا عَبْدٌ أَنْعَمْنَا عَلَيْهِ وَجَعَلْنَٰهُ مَثَلًا
لِّبَنِىٓ إِسْرَٰٓءِيلَ ﴿59﴾

59. ਉਹ (ਈਸਾ) ਤਾਂ ਕੇਵਲ ਇਕ ਬੰਦਾ ਹੈ ਜਿਸ 'ਤੇ ਅਸਾਂ ਇਨਾਮ ਕੀਤਾ ਅਤੇ ਬਨੀ-ਇਸਰਾਈਲ ਲਈ ਆਪਣੀ ਕੁਦਰਤ ਦਾ ਇਕ ਚਮਤਕਾਰ ਬਣਾ ਦਿੱਤਾ।

وَلَوْ نَشَآءُ لَجَعَلْنَا مِنكُم مَّلَٰٓئِكَةً فِى ٱلْأَرْضِ
يَخْلُفُونَ ﴿60﴾

60. ਜੇ ਅਸੀਂ ਚਾਹੁੰਦੇ ਤਾਂ (ਤੁਹਾਡੇ ਵਿੱਚੋਂ ਹੀ) ਫ਼ਰਿਸ਼ਤੇ ਬਣਾ ਦਿੰਦੇ, ਜਿਹੜੇ ਧਰਤੀ ਉੱਤੇ (ਤੁਹਾਡੇ) ਜਾਨਸ਼ੀਨ ਹੁੰਦੇ।

وَإِنَّهُۥ لَعِلْمٌ لِّلسَّاعَةِ فَلَا تَمْتَرُنَّ بِهَا
وَٱتَّبِعُونِ ۚ هَٰذَا صِرَٰطٌ مُّسْتَقِيمٌ ﴿61﴾

61. ਬੇਸ਼ੱਕ ਉਹ (ਈਸਾ) ਕਿਆਮਤ ਦੀ ਨਿਸ਼ਾਨੀ ਹੈ। ਸੋ ਤੁਸੀਂ ਇਸ (ਕਿਆਮਤ) ਦੇ ਆਉਣ ਵਿਚ ਸ਼ੱਕ ਨਾ ਕਰੋ ਅਤੇ ਮੇਰੀ ਪੈਰਵੀ ਕਰੋ, ਇਹੋ ਸਿੱਧਾ ਰਾਹ ਹੈ।

وَلَا يَصُدَّنَّكُمُ ٱلشَّيْطَٰنُ ۖ إِنَّهُۥ لَكُمْ عَدُوٌّ مُّبِينٌ ﴿62﴾

62. (ਹੇ ਲੋਕੋ!) ਸ਼ੈਤਾਨ ਤੁਹਾਨੂੰ (ਸਿੱਧੀ ਰਾਹ ਤੋਂ) ਨਾ ਰੋਕ ਦੇਵੇ, ਕਿਉਂ ਜੋ ਉਹ ਤੁਹਾਡਾ ਖੁੱਲ੍ਹਾ ਵੈਰੀ ਹੈ।

وَلَمَّا جَآءَ عِيسَىٰ بِٱلْبَيِّنَٰتِ قَالَ قَدْ جِئْتُكُم
بِٱلْحِكْمَةِ وَلِأُبَيِّنَ لَكُم بَعْضَ ٱلَّذِى تَخْتَلِفُونَ
فِيهِ ۖ فَٱتَّقُوا ٱللَّهَ وَأَطِيعُونِ ﴿63﴾

63. ਜਦੋਂ ਈਸਾ ਖੁੱਲ੍ਹੀਆਂ ਨਿਸ਼ਾਨੀਆਂ (ਮੁਅਜਜ਼ੇ) ਲੈਕੇ ਆਇਆ ਤਾਂ ਉਸ ਨੇ (ਕੌਮ ਨੂੰ) ਆਖਿਆ, ਮੈਂ ਤੁਹਾਡੇ ਲਈ ਹਿਕਮਤ (ਯੁਕਤੀ) ਲੈਕੇ ਆਇਆ ਹਾਂ ਤਾਂ ਜੋ ਮੈਂ ਤੁਹਾਡੇ ਉੱਤੇ ਕੁੱਝ ਉਹਨਾਂ ਗੱਲਾਂ ਨੂੰ ਸਪਸ਼ਟ ਕਰ ਦੇਵਾਂ ਜਿਨ੍ਹਾਂ ਵਿਚ ਤੁਸੀਂ ਮਤ-ਭੇਦ ਕਰਦੇ ਹੋ। ਸੋ ਤੁਸੀਂ ਅੱਲਾਹ ਤੋਂ ਡਰੋ ਅਤੇ ਮੇਰੀ ਤਾਬੇਦਾਰੀ ਕਰੋ।

إِنَّ ٱللَّهَ هُوَ رَبِّى وَرَبُّكُمْ فَٱعْبُدُوهُ ۚ هَٰذَا
صِرَٰطٌ مُّسْتَقِيمٌ ﴿64﴾

64. ਬੇਸ਼ੱਕ ਅੱਲਾਹ ਹੀ ਮੇਰਾ ਤੇ ਤੁਹਾਡਾ ਰੱਬ ਹੈ। ਸੋ ਤੁਸੀਂ ਉਸੇ ਦੀ ਇਬਾਦਤ ਕਰੋ, ਇਹੋ ਸਿੱਧਾ ਰਾਹ ਹੈ।

65. ਫੇਰ ਉਹਨਾਂ (ਬਨੀ-ਇਸਰਾਈਲ) ਵਿੱਚੋਂ ਕਈ ਧੜਿਆਂ ਨੇ ਆਪੋ ਵਿਚ ਮਤਭੇਦ ਕੀਤਾ ਹੈ ਜਿਨ੍ਹਾਂ ਲੋਕਾਂ ਨੇ ਜ਼ੁਲਮ ਕੀਤਾ ਉਹਨਾਂ ਲਈ ਦੁਖਦਾਈ ਦਿਹਾੜੇ ਦਾ ਬਰਬਾਦ ਕਰਨ ਵਾਲਾ ਅਜ਼ਾਬ ਹੈ।

فَاخْتَلَفَ الْأَحْزَابُ مِنْ بَيْنِهِمْ ۖ فَوَيْلٌ لِلَّذِينَ
ظَلَمُوا مِنْ عَذَابِ يَوْمٍ أَلِيمٍ ﴿65﴾

66. ਕੀ ਇਹ ਲੋਕ ਕਿਆਮਤ ਦਿਹਾੜੇ ਦੀ ਉਡੀਕ ਕਰ ਰਹੇ ਹਨ ਕਿ ਉਹ ਅਚਣਚੇਤ ਇਹਨਾਂ ਉੱਤੇ ਆ ਜਾਵੇ ਤੇ ਇਹਨਾਂ ਨੂੰ ਖ਼ਬਰ ਵੀ ਨਾ ਹੋਵੇ।

هَلْ يَنْظُرُونَ إِلَّا السَّاعَةَ أَنْ تَأْتِيَهُمْ
بَغْتَةً وَهُمْ لَا يَشْعُرُونَ ﴿66﴾

67. ਉਸ ਦਿਹਾੜੇ ਰੱਬ ਦਾ ਡਰ-ਭੌ ਮੰਨਣ ਵਾਲਿਆਂ ਤੋਂ ਛੁੱਟ ਬਾਕੀ ਸਾਰੇ ਮਿੱਤਰ-ਪਿਆਰੇ ਇਕ ਦੂਜੇ ਦੇ ਵੈਰੀ ਬਣ ਜਾਣਗੇ।

الْأَخِلَّاءُ يَوْمَئِذٍ بَعْضُهُمْ لِبَعْضٍ عَدُوٌّ إِلَّا
الْمُتَّقِينَ ﴿67﴾

68. (ਉਸ ਦਿਨ ਨੇਕ ਲੋਕਾਂ ਨੂੰ ਕਿਹਾ ਜਾਵੇਗਾ ਕਿ) ਹੇ ਮੇਰੇ ਬੰਦਿਓ। ਅੱਜ ਨਾ ਤੁਹਾਨੂੰ ਕਿਸੇ ਤਰ੍ਹਾਂ ਦੀ ਕੋਈ ਚਿੰਤਾ ਹੋਵੇਗੀ ਅਤੇ ਨਾ ਹੀ ਕੋਈ ਦੁੱਖ ਹੋਵੇਗਾ।

يَا عِبَادِ لَا خَوْفٌ عَلَيْكُمُ الْيَوْمَ وَلَا أَنْتُمْ
تَحْزَنُونَ ﴿68﴾

69. ਭਾਵ ਜਿਹੜੇ ਲੋਕ ਸਾਡੀਆਂ ਆਇਤਾਂ ਉੱਤੇ ਈਮਾਨ ਲਿਆਏ ਅਤੇ ਉਹ ਸਾਡੇ ਆਗਿਆਕਾਰੀ ਬਣ ਕੇ ਰਹੇ।

الَّذِينَ آمَنُوا بِآيَاتِنَا وَكَانُوا مُسْلِمِينَ ﴿69﴾

70. (ਉਹਨਾਂ ਨੂੰ ਆਖਿਆ ਜਾਵੇਗਾ) ਤੁਸੀਂ ਸਵਰਗ ਵਿਚ ਦਾਖ਼ਲ ਹੋ ਜਾਓ, ਜਿੱਥੇ ਤੁਹਾਨੂੰ ਤੇ ਤੁਹਾਡੀਆਂ ਪਤਨੀਆਂ ਨੂੰ ਨਿਹਾਲ ਕਰ ਦਿੱਤਾ ਜਾਵੇਗਾ।

ادْخُلُوا الْجَنَّةَ أَنْتُمْ وَأَزْوَاجُكُمْ تُحْبَرُونَ ﴿70﴾

71. ਉਹਨਾਂ ਦੇ ਅੱਗੇ (ਸਵਰਗ ਵਿਚ) ਸੋਨੇ ਦੇ ਥਾਲ ਤੇ ਸਾਗਰ (ਪਿਆਲੇ) ਫਿਰਾਏ ਜਾਣਗੇ ਅਤੇ ਹਰ ਮਨ-ਭਾਉਂਦੀ ਅਤੇ ਅੱਖਾਂ ਨੂੰ ਸੋਹਣੀ ਲੱਗਣ ਵਾਲੀ ਚੀਜ਼ ਇਸ ਵਿਚ ਹੋਵੇਗੀ ਅਤੇ ਤੁਸੀਂ ਇਸੇ ਵਿਚ ਸਦਾ ਲਈ ਰਹੋਗੇ।

يُطَافُ عَلَيْهِمْ بِصِحَافٍ مِنْ ذَهَبٍ وَأَكْوَابٍ ۖ
وَفِيهَا مَا تَشْتَهِيهِ الْأَنْفُسُ وَتَلَذُّ الْأَعْيُنُ ۖ
وَأَنْتُمْ فِيهَا خَالِدُونَ ﴿71﴾

72. ਇਹੋ ਉਹ ਸਵਰਗ ਹੈ ਜਿਸ ਦੇ ਤੁਸੀਂ ਵਾਰਿਸ (ਹਿੱਸੇਦਾਰ) ਬਣਾਏ ਗਏ ਹੋ, ਆਪਣੇ ਉਹਨਾਂ ਨੇਕ ਕਰਮਾਂ ਦੇ ਬਦਲੇ ਜੋ ਤੁਸੀਂ (ਸੰਸਾਰ ਵਿਚ) ਕਰਦੇ ਰਹੇ ਹੋ।

وَتِلْكَ الْجَنَّةُ الَّتِي أُورِثْتُمُوهَا بِمَا كُنْتُمْ
تَعْمَلُونَ ﴿72﴾

73. ਇਸ (ਸਵਰਗ ਵਿਚ) ਤੁਹਾਡੇ ਲਈ ਅਨੇਕਾਂ ਹੀ ਫਲ ਹੋਣਗੇ ਜਿਨ੍ਹਾਂ ਵਿੱਚੋਂ ਤੁਸੀਂ ਖਾਉਗੇ।

لَكُمْ فِيهَا فَاكِهَةٌ كَثِيرَةٌ مِّنْهَا تَأْكُلُونَ 73

74. ਅਤੇ ਅਪਰਾਧੀ ਲੋਕ ਨਰਕ ਦੇ ਅਜ਼ਾਬ ਵਿਚ ਸਦਾ ਲਈ ਵਸੇ ਰਹਿਣਗੇ।

إِنَّ الْمُجْرِمِينَ فِي عَذَابِ جَهَنَّمَ خَالِدُونَ 74

75. ਉਹ ਅਜ਼ਾਬ ਘਟਾਇਆ ਨਹੀਂ ਜਾਵੇਗਾ ਅਤੇ ਉਹ ਉਸ ਵਿਚ ਨਿਰਾਸ਼ ਪਏ ਰਹਿਣਗੇ।

لَا يُفَتَّرُ عَنْهُمْ وَهُمْ فِيهِ مُبْلِسُونَ 75

76. ਅਸਾਂ ਉਹਨਾਂ ਉੱਤੇ ਕੋਈ ਜ਼ੁਲਮ ਨਹੀਂ ਕੀਤਾ ਸਗੋਂ ਜ਼ਾਲਮ ਤਾਂ ਉਹ ਆਪੇ ਹੀ ਸਨ।

وَمَا ظَلَمْنَاهُمْ وَلَٰكِن كَانُوا هُمُ الظَّالِمِينَ 76

77. ਉਹ (ਨਰਕ ਦੇ ਪਹਿਰੇਦਾਰਾਂ ਨੂੰ) ਆਖਣਗੇ ਕਿ ਹੇ ਮਾਲਿਕ! ਚੰਗਾ ਹੋਵੇ ਜੇ ਤੁਹਾਡਾ ਰੱਬ ਸਾਡਾ ਕਜੀਆ ਹੀ ਮੁਕਾ ਦੇਵੇ। ਉਹ (ਫ਼ਰਿਸ਼ਤੇ) ਆਖਣਗੇ ਕਿ ਹੁਣ ਤੂੰ ਸਦਾ ਇਸੇ ਅਜ਼ਾਬ ਵਿਚ ਰਹੇਂਗਾ।

وَنَادَوْا يَا مَالِكُ لِيَقْضِ عَلَيْنَا رَبُّكَ ۖ قَالَ إِنَّكُم مَّاكِثُونَ 77

78. ਅਸੀਂ ਤੇਰੇ ਕੋਲ ਹੱਕ ਲੈਕੇ ਆਏ ਸੀ ਪਰ ਤੁਹਾਡੀ ਬਹੁ ਗਿਣਤੀ ਹੱਕ ਨੂੰ ਨਾ-ਪਸੰਦ ਕਰਨ ਵਾਲੀ ਸੀ।

لَقَدْ جِئْنَاكُم بِالْحَقِّ وَلَٰكِنَّ أَكْثَرَكُمْ لِلْحَقِّ كَارِهُونَ 78

79. ਕੀ ਇਹਨਾਂ (ਮੱਕੇ ਦੇ ਕਾਫ਼ਿਰਾਂ) ਨੇ ਸਾਡੇ ਵਿਰੁੱਧ ਕੋਈ ਫ਼ੈਸਲਾ ਕਰ ਲਿਆ ਹੈ? ਤਾਂ ਅਸੀਂ ਵੀ ਇਕ ਫ਼ੈਸਲਾ ਕਰਨ ਵਾਲੇ ਹਾਂ।

أَمْ أَبْرَمُوا أَمْرًا فَإِنَّا مُبْرِمُونَ 79

80. ਕੀ ਉਹ ਸਮਝਦੇ ਹਨ ਕਿ ਅਸੀਂ ਇਹਨਾਂ ਦੀਆਂ ਗੁਪਤ ਗੱਲਾਂ ਤੇ ਕਾਨਾਫੂਸੀਆਂ ਨਹੀਂ ਸੁਣਦੇ? ਕਿਉਂ ਨਹੀਂ ਸੁਣਦੇ, ਸਗੋਂ ਸਾਡੇ ਫ਼ਰਿਸ਼ਤੇ ਇਹਨਾਂ ਦੇ ਲਾਗੇ ਹੀ ਲਿਖਦੇ ਰਹਿੰਦੇ ਹਨ।

أَمْ يَحْسَبُونَ أَنَّا لَا نَسْمَعُ سِرَّهُمْ وَنَجْوَاهُم ۚ بَلَىٰ وَرُسُلُنَا لَدَيْهِمْ يَكْتُبُونَ 80

81. (ਹੇ ਨਬੀ!) ਤੁਸੀਂ ਆਖ ਦਿਓ। ਜੇ ਰਹਿਮਾਨ (ਅੱਲਾਹ) ਦੀ ਸੰਤਾਨ ਹੁੰਦੀ ਤਾਂ ਸਾਰਿਆਂ ਤੋਂ ਪਹਿਲਾਂ ਮੈਂ ਉਸ ਦੀ ਇਬਾਦਤ ਕਰਨ ਵਾਲਾ ਹੁੰਦਾ।

قُلْ إِن كَانَ لِلرَّحْمَٰنِ وَلَدٌ فَأَنَا أَوَّلُ الْعَابِدِينَ 81

82. ਅਕਾਸ਼ਾਂ ਤੇ ਧਰਤੀ ਦਾ ਰੱਬ ਤੇ ਅਰਸ਼ਾਂ ਦਾ ਮਾਲਿਕ ਉਹਨਾਂ ਸਾਰੀਆਂ ਗੱਲਾਂ ਤੋਂ ਪਾਕ ਹੈ ਜਿਹੜੀਆਂ ਇਹ (ਮੁਸ਼ਰਿਕ) ਕਰਦੇ ਹਨ।

سُبْحَانَ رَبِّ السَّمَاوَاتِ وَالْأَرْضِ رَبِّ الْعَرْشِ عَمَّا يَصِفُونَ 82

83 ਜੇ ਤੁਸੀਂ ਇਹਨਾਂ ਦੇ ਹਾਲ 'ਤੇ ਛੱਡ ਦਿਓ, ਉਹ ਤਾਂ ਆਪਣੇ ਤੱਥਹੀਣ ਵਿਚਾਰਾਂ ਵਿਚ ਉਲਝੇ ਹੋਏ ਹਨ ਅਤੇ ਖੇਡਾਂ ਵਿਚ ਮਸਤ ਹਨ, ਇੱਥੋਂ ਤਕ ਕਿ ਇਹ ਆਪਣੇ ਉਸ ਦਿਨ ਨੂੰ ਵੇਖ ਲੈਣਗੇ, ਜਿਸ ਦਾ ਇਹਨਾਂ ਨਾਲ ਵਾਅਦਾ ਕੀਤਾ ਹੋਇਆ ਹੈ।

فَذَرْهُمْ يَخُوضُوا وَيَلْعَبُوا حَتَّىٰ يُلَاقُوا يَوْمَهُمُ الَّذِي يُوعَدُونَ ﴿٨٣﴾

84. ਉਹੀਓ ਅੱਲਾਹ ਅਕਾਸ਼ਾਂ ਵਿਚ ਵੀ ਇਸ਼ਟ ਹੈ ਅਤੇ ਧਰਤੀ ਵਿਚ ਵੀ ਉਹੀਓ ਇਸ਼ਟ ਹੈ। ਉਹੀਓ ਵੱਡਾ ਯੁਕਤੀਮਾਨ ਤੇ ਜਾਣਨਹਾਰ ਹੈ।

وَهُوَ الَّذِي فِي السَّمَاءِ إِلَٰهٌ وَفِي الْأَرْضِ إِلَٰهٌ ۚ وَهُوَ الْحَكِيمُ الْعَلِيمُ ﴿٨٤﴾

85. ਉਹ ਜ਼ਾਤ ਬਹੁਤ ਹੀ ਬਰਕਤਾਂ ਵਾਲੀ ਹੈ ਜਿਸ ਲਈ ਅਕਾਸ਼ਾਂ ਤੇ ਧਰਤੀ ਅਤੇ ਜੋ ਇਹਨਾਂ ਦੇ ਵਿਚਾਲੇ ਹੈ ਉਹਨਾਂ ਸਭ ਦੀ ਪਾਤਸ਼ਾਹੀ ਹੈ, ਅਤੇ ਕਿਆਮਤ ਦਾ ਗਿਆਨ ਵੀ ਉਸੇ ਕੋਲ ਹੈ, ਅਤੇ ਤੁਸੀਂ ਸਾਰੇ ਉਸੇ ਵੱਲ ਪਰਤਾਏ ਜਾਓਗੇ।

وَتَبَارَكَ الَّذِي لَهُ مُلْكُ السَّمَاوَاتِ وَالْأَرْضِ وَمَا بَيْنَهُمَا وَعِنْدَهُ عِلْمُ السَّاعَةِ وَإِلَيْهِ تُرْجَعُونَ ﴿٨٥﴾

86 ਉਹ ਅੱਲਾਹ ਨੂੰ ਛੱਡ ਕੇ ਜਿਨ੍ਹਾਂ ਨੂੰ ਬੇਨਤੀਆਂ ਕਰਦੇ ਹਨ ਉਹ ਸਿਫ਼ਾਰਿਸ਼ ਕਰਨ ਦਾ ਅਧਿਕਾਰ ਨਹੀਂ ਰੱਖਦੇ। ਛੁੱਟ ਉਹਨਾਂ ਲੋਕਾਂ ਤੋਂ ਜਿਨ੍ਹਾਂ ਨੇ ਹੱਕ ਦੀ ਗਵਾਹੀ ਦਿੱਤੀ ਹੋਵੇ ਅਤੇ ਉਹ ਗਿਆਨ ਵੀ ਰੱਖਦੇ ਹਨ।[1]

وَلَا يَمْلِكُ الَّذِينَ يَدْعُونَ مِنْ دُونِهِ الشَّفَاعَةَ إِلَّا مَنْ شَهِدَ بِالْحَقِّ وَهُمْ يَعْلَمُونَ ﴿٨٦﴾

87. ਜੇ ਤੁਸੀਂ (ਹੇ ਮੁਹੰਮਦ!) ਉਹਨਾਂ ਤੋਂ ਪੁੱਛੋ ਕਿ ਤੁਹਾਨੂੰ ਕਿਸ ਨੇ ਪੈਦਾ ਕੀਤਾ ਹੈ? ਤਾਂ ਉਹ ਜ਼ਰੂਰ ਹੀ ਇਹੋ ਆਖਣਗੇ ਕਿ ਅੱਲਾਹ ਨੇ (ਇਹ ਸਭ ਜਾਣਦੇ ਹੋਏ) ਫੇਰ ਇਹ ਕਿੱਧਿਓਂ ਧੋਖਾ ਖਾ ਰਹੇ ਹਨ।

وَلَئِنْ سَأَلْتَهُمْ مَنْ خَلَقَهُمْ لَيَقُولُنَّ اللَّهُ ۖ فَأَنَّىٰ يُؤْفَكُونَ ﴿٨٧﴾

88. ਇਸ (ਰਸੂਲ ਮੁਹੰਮਦ ਸ:) ਦੇ ਇਸ ਕਥਨ ਦੀ ਸਹੁੰ ਕਿ ਹੇ ਰੱਬ! ਬੇਸ਼ੱਕ ਇਹ (ਮੱਕੇ) ਦੇ ਲੋਕ ਈਮਾਨ ਨਹੀਂ ਲਿਆਉਣਗੇ।

وَقِيلِهِ يَا رَبِّ إِنَّ هَٰؤُلَاءِ قَوْمٌ لَا يُؤْمِنُونَ ﴿٨٨﴾

---

1. ਜਿਹੜੇ ਲੋਕ ਕਾਫ਼ਿਰ ਮੁਸ਼ਰਿਕ, ਮੂਰਤੀ ਪੂਜਕ, ਕਬਰ ਪ੍ਰਸਤ ਅਤੇ ਬੇ-ਦੀਨ ਹਨ। ਜਿਹੜੇ ਅੱਲਾਹ ਦੇ ਇਕ ਹੋਣ ਅਤੇ ਮੁਹੰਮਦ (ਸ:) ਦੀ ਰਸਾਲਤ ਦਾ ਇਨਕਾਰ ਕਰਦੇ ਹਨ ਇਹੀ ਲੋਕ ਹੱਦੋਂ ਟੱਪਣ ਵਾਲੇ ਹਨ।

89 ਸੋ (ਹੇ ਨਬੀ!) ਤੁਸੀਂ ਇਹਨਾਂ ਦਾ ਖਹਿੜਾ ਛੱਡ ਦਿਓ ਅਤੇ ਆਖ ਦਿਓ ਕਿ ਤੁਹਾਨੂੰ ਮੇਰਾ ਸਲਾਮ! ਫੇਰ ਛੇਤੀ ਹੀ (ਹਕੀਕਤ ਨੂੰ) ਜਾਣ ਲੈਣਗੇ।

فَاصْفَحْ عَنْهُمْ وَقُلْ سَلٰمٌ ۭ فَسَوْفَ يَعْلَمُوْنَ ﴿٨٩﴾

44. ਸੂਰਤ ਅਦ-ਦੁਖ਼ਾਨ (ਮੱਕੀ-64)

سُوْرَةُ الدُّخَانِ

(ਆਇਤਾਂ 59, ਰੁਕੂਅ)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਹਾ, ਮੀਮ।

حٰمٓ ﴿١﴾

2. ਸਪਸ਼ਟ (ਰੌਸ਼ਨ) ਕਿਤਾਬ, ਕੁਰਆਨ ਦੀ ਸਹੁੰ।

وَالْكِتٰبِ الْمُبِيْنِ ﴿٢﴾

3. ਅਸਾਂ ਇਸ (ਕੁਰਆਨ) ਨੂੰ ਇਕ ਬਰਕਤਾਂ ਵਾਲੀ ਰਾਤ ਵਿਚ ਉਤਾਰਿਆ ਹੈ। ਬੇਸ਼ਕ ਅਸੀਂ (ਇਸ ਕੁਰਆਨ ਰਾਹੀਂ ਅਜ਼ਾਬ ਤੋਂ) ਡਰਾਉਣ ਵਾਲੇ ਹਾਂ।

اِنَّآ اَنْزَلْنٰهُ فِيْ لَيْلَةٍ مُّبٰرَكَةٍ اِنَّا كُنَّا مُنْذِرِيْنَ ﴿٣﴾

4. ਇਸੇ (ਬਰਕਤਾਂ ਵਾਲੀ ਰਾਤ ਨੂੰ ਸਾਡੇ ਵੱਲੋਂ) ਹਰੇਕ ਮਾਮਲੇ ਦਾ ਯੁਕਤੀ ਭਰਿਆ ਫ਼ੈਸਲਾ ਕੀਤਾ ਜਾਂਦਾ ਹੈ।

فِيْهَا يُفْرَقُ كُلُّ اَمْرٍ حَكِيْمٍ ﴿٤﴾

5. ਵਿਸ਼ੇਸ਼ ਸਾਡੇ ਹੁਕਮ ਅਨੁਸਾਰ (ਹਰੇਕ ਫ਼ੈਸਲਾ ਹੁੰਦਾ ਹੈ) ਬੇਸ਼ੱਕ ਅਸੀਂ ਹੀ (ਰਸੂਲ) ਭੇਜਣ ਵਾਲੇ ਹਾਂ।

اَمْرًا مِّنْ عِنْدِنَا ۭ اِنَّا كُنَّا مُرْسِلِيْنَ ﴿٥﴾

6. ਇਹ ਤੁਹਾਡੇ ਰੱਬ ਦੀ ਵਿਸ਼ੇਸ਼ ਕ੍ਰਿਪਾ ਹੈ। ਨਿਰਸੰਦੇਹ, ਉਹੀਓ ਸਭ ਕੁੱਝ ਸੁਣਨ ਵਾਲਾ ਤੇ ਜਾਣਨ ਵਾਲਾ ਹੈ।

رَحْمَةً مِّنْ رَّبِّكَ ۭ اِنَّهٗ هُوَ السَّمِيْعُ الْعَلِيْمُ ﴿٦﴾

7. ਉਹ ਜਿਹੜਾ ਅਕਾਸ਼ਾਂ ਤੇ ਧਰਤੀ ਦਾ ਮਾਲਿਕ ਹੈ ਅਤੇ ਉਹਨਾਂ ਦਾ ਵੀ ਜਿਹੜਾ ਇਹਨਾਂ ਦੋਵਾਂ ਦੇ ਵਿਚਾਲੇ ਹੈ। ਜੇ ਤੁਸੀਂ ਵਿਸ਼ਵਾਸ ਕਰਨ ਵਾਲੇ ਹੋ। (ਤਾਂ ਕਰ ਲਿਓ)।

رَبِّ السَّمٰوٰتِ وَالْاَرْضِ وَمَا بَيْنَهُمَا ۘ اِنْ كُنْتُمْ مُّوْقِنِيْنَ ٧

8. ਕਿ ਛੁੱਟ ਉਸ (ਅੱਲਾਹ) ਤੋਂ ਕੋਈ ਵੀ ਸੱਚਾ ਇਸ਼ਟ ਨਹੀਂ, ਉਹੀਓ ਜੀਵਨ ਦਿੰਦਾ ਹੈ ਤੇ ਉਹੀਓ ਮੌਤ ਦਿੰਦਾ ਹੈ। ਉਹੀਓ ਤੁਹਾਡਾ ਤੇ ਤੁਹਾਡੇ ਪਿਓ ਦਾਦਿਆਂ ਦਾ ਰੱਬ ਹੈ।

لَآ اِلٰهَ اِلَّا هُوَ يُحْيٖ وَيُمِيْتُ ۭ رَبُّكُمْ وَرَبُّ اٰبَاۗىِٕكُمُ الْاَوَّلِيْنَ ٨

9 ਪਰ ਕਾਫ਼ਿਰਾਂ ਨੂੰ ਵਿਸ਼ਵਾਸ ਨਹੀਂ, ਸਗੋਂ ਉਹ ਤਾਂ ਸ਼ੱਕ ਵਿਚ ਪਏ ਖੇਡ ਰਹੇ ਹਨ।

بَلْ هُمْ فِيْ شَكٍّ يَّلْعَبُوْنَ ٩

10 ਸੋ (ਹੇ ਨਬੀ!) ਤੁਸੀਂ ਉਸ ਦਿਹਾੜੇ ਦੀ ਉਡੀਕ ਕਰੋ ਜਦੋਂ ਅਕਾਸ਼ ਪ੍ਰਤਖ ਧੂੰਆਂ ਲੈ ਕੇ ਆਵੇਗਾ।

فَارْتَقِبْ يَوْمَ تَاْتِي السَّمَاۗءُ بِدُخَانٍ مُّبِيْنٍ ١٠

11 ਉਹ ਧੂੰਆਂ ਲੋਕਾਂ ਨੂੰ ਢੱਕ ਲਵੇਗਾ (ਫੇਰ ਆਖਿਆ ਜਾਵੇਗਾ ਕਿ) ਇਹ ਹੈ (ਇਨਕਾਰ ਕਰਨ ਦਾ) ਦੁਖਦਾਈ ਅਜ਼ਾਬ।

يَّغْشَى النَّاسَ ۭ هٰذَا عَذَابٌ اَلِيْمٌ ١١

12 ਕਾਫ਼ਿਰ ਆਖਣਗੇ ਕਿ ਹੇ ਸਾਡੇ ਰੱਬਾ! ਸਾਥੋਂ ਇਹ ਅਜ਼ਾਬ ਦੂਰ ਕਰ ਦੇ, ਬੇਸ਼ੱਕ ਅਸੀਂ ਹੁਣੇ ਈਮਾਨ ਲਿਆਉਂਦੇ ਹਾਂ।

رَبَّنَا اكْشِفْ عَنَّا الْعَذَابَ اِنَّا مُؤْمِنُوْنَ ١٢

13. ਹੁਣ ਭਲਾਂ ਇਹਨਾਂ ਨੂੰ ਨਸੀਹਤ ਕੀ ਕਰੇਗੀ ਜਦ ਕਿ ਇਹਨਾਂ ਕੋਲ ਤਾਂ ਹਿਦਾਇਤ ਬਿਆਨ ਕਰਨ ਵਾਲਾ ਰਸੂਲ ਆ ਗਿਆ ਹੈ।

اَنّٰى لَهُمُ الذِّكْرٰى وَقَدْ جَاۗءَهُمْ رَسُوْلٌ مُّبِيْنٌ ١٣

14 ਪਰ ਉਹਨਾਂ (ਮੱਕੇ ਦੇ ਵਸਨੀਕਾਂ) ਨੇ ਉਸ (ਰਸੂਲ) ਤੋਂ ਮੂੰਹ ਫੇਰ ਲਿਆ ਅਤੇ ਕੁੱਝ ਨੇ ਇਹ ਵੀ ਕਿਹਾ ਕਿ ਇਹ ਤਾਂ ਸਿਖਾਇਆ ਪੜ੍ਹਾਇਆ ਹੈ ਅਤੇ ਕੁੱਝ ਨੇ ਸੁਦਾਈ ਆਖਿਆ।

ثُمَّ تَوَلَّوْا عَنْهُ وَقَالُوْا مُعَلَّمٌ مَّجْنُوْنٌ ١٤

15 ਅਸਾਂ ਥੋੜ੍ਹੀ ਦੇਰ ਲਈ ਇਹਨਾਂ ਤੋਂ ਅਜ਼ਾਬ ਦੂਰ ਕਰਨ ਵਾਲੇ ਹਾਂ, ਬੇਸ਼ੱਕ ਤੁਸੀਂ ਲੋਕ ਮੁੜ ਉਹੀਓ (ਇਨਕਾਰ) ਕਰਨ ਵਾਲੇ ਹੋ।

اِنَّا كَاشِفُوا الْعَذَابِ قَلِيْلًا اِنَّكُمْ عَاۗىِٕدُوْنَ ١٥

60

16. ਜਿਸ ਦਿਨ ਅਸੀਂ ਕਰੜਾਈ ਨਾਲ ਫੜਾਂਗੇ। ਬੇਸ਼ੱਕ (ਉਸ ਦਿਨ) ਅਸੀਂ ਪੂਰਾ-ਪੂਰਾ ਬਦਲਾ ਲੈਣ ਵਾਲੇ ਹਾਂ।

يَوْمَ نَبْطِشُ الْبَطْشَةَ الْكُبْرَىٰ ۚ إِنَّا مُنْتَقِمُونَ ﴿16﴾

17. ਅਸੀਂ ਇਹਨਾਂ (ਕਾਫ਼ਿਰਾਂ) ਤੋਂ ਪਹਿਲਾਂ ਫ਼ਿਰਔਨ ਦੀ ਕੌਮ ਨੂੰ ਪਰਖਿਆ ਅਤੇ ਉਹਨਾਂ ਕੋਲ ਇਕ ਪਰਵੰਤਾ ਰਸੂਲ ਆਇਆ ਸੀ।

وَلَقَدْ فَتَنَّا قَبْلَهُمْ قَوْمَ فِرْعَوْنَ وَجَاءَهُمْ رَسُولٌ كَرِيمٌ ﴿17﴾

18. ਉਸ (ਰਸੂਲ) ਨੇ ਫ਼ਿਰਔਨ ਨੂੰ ਆਖਿਆ ਕਿ ਅੱਲਾਹ ਦੇ ਬੰਦਿਆਂ ਭਾਵ (ਬਨੀ ਇਸਰਾਈਲ) ਨੂੰ ਮੇਰੇ ਹਵਾਲੇ ਕਰਦੇ। ਇਹ ਵੀ ਕਿਹਾ ਕਿ ਬੇਸ਼ੱਕ ਮੈਂ ਤੁਹਾਡੇ ਲਈ ਇਕ ਅਮਾਨਤਦਾਰ ਪੈਗ਼ੰਬਰ ਹਾਂ।

أَنْ أَدُّوا إِلَيَّ عِبَادَ اللَّهِ ۖ إِنِّي لَكُمْ رَسُولٌ أَمِينٌ ﴿18﴾

19. ਤੁਸੀਂ ਅੱਲਾਹ ਦੇ ਅੱਗੇ ਸਰਕਸ਼ੀ ਨਾ ਕਰੋ, ਨਿਰਸੰਦੇਹ, ਮੈਂ ਤੁਹਾਡੇ ਸਾਹਮਣੇ (ਰਸੂਲ ਹੋਣ ਦੀਆਂ) ਸਪਸ਼ਟ ਦਲੀਲਾਂ ਪੇਸ਼ ਕਰਦਾ ਹਾਂ।

وَأَنْ لَا تَعْلُوا عَلَى اللَّهِ ۖ إِنِّي آتِيكُمْ بِسُلْطَانٍ مُبِينٍ ﴿19﴾

20. ਮੈਂਨੇ ਆਪਣੇ ਰੱਬ ਤੇ ਤੁਹਾਡੇ ਰੱਬ ਦੀ ਸ਼ਰਨ ਇਸ ਲਈ ਲਈ ਹੈ ਕਿ ਕਿਤੇ ਤੁਸੀਂ ਮੈਨੂੰ ਪੱਥਰਾਂ ਨਾਲ ਹੀ ਨਾ ਮਾਰ ਦਿਓ।

وَإِنِّي عُذْتُ بِرَبِّي وَرَبِّكُمْ أَنْ تَرْجُمُونِ ﴿20﴾

21. ਜੇ ਤੁਸੀਂ ਮੇਰੀ ਗੱਲ 'ਤੇ ਵਿਸ਼ਵਾਸ ਨਹੀਂ ਕਰਦੇ ਤਾਂ ਮੈਥੋਂ ਅੱਡ ਹੋ ਜਾਓ।

وَإِنْ لَمْ تُؤْمِنُوا لِي فَاعْتَزِلُونِ ﴿21﴾

22. ਫੇਰ ਉਸ (ਮੂਸਾ) ਨੇ ਆਪਣੇ ਰੱਬ ਨੂੰ ਬੇਨਤੀ ਕੀਤੀ ਕਿ ਇਹ ਲੋਕ ਤਾਂ ਅਪਰਾਧੀ ਹਨ।

فَدَعَا رَبَّهُ أَنَّ هَٰؤُلَاءِ قَوْمٌ مُجْرِمُونَ ﴿22﴾

23. (ਰੱਬ ਵੱਲੋਂ ਹੁਕਮ ਹੋਇਆ ਕਿ) ਮੇਰੇ ਬੰਦਿਆਂ ਨੂੰ ਰਾਤ ਦੇ ਸਮੇਂ ਲੈ ਕੇ ਤੁਰ ਜਾ, ਬੇਸ਼ੱਕ ਤੁਹਾਡਾ ਪਿੱਛਾ ਕੀਤਾ ਜਾਵੇਗਾ।

فَأَسْرِ بِعِبَادِي لَيْلًا إِنَّكُمْ مُتَّبَعُونَ ﴿23﴾

24. ਅਤੇ ਤੂੰ ਸਮੁੰਦਰ ਨੂੰ ਉਸ ਦੇ ਹਾਲ 'ਤੇ ਛੱਡ ਕੇ ਪਾਰ ਹੋ ਜਾ। ਬੇਸ਼ੱਕ ਇਹ (ਸਾਰਾ ਫ਼ਿਰਔਨੀ) ਲਸ਼ਕਰ ਡੁੱਬ ਜਾਵੇਗਾ।

وَاتْرُكِ الْبَحْرَ رَهْوًا ۖ إِنَّهُمْ جُنْدٌ مُغْرَقُونَ ﴿24﴾

25. ਉਹ (ਫ਼ਿਰਔਨੀ) ਆਪਣੇ ਪਿੱਛੇ ਕਿੰਨੇ ਹੀ ਬਾਗ਼ ਤੇ ਚਸ਼ਮੇ ਛੱਡ ਗਏ।	كَمْ تَرَكُوْا مِنْ جَنّٰتٍ وَّعُيُوْنٍ (25)
26. ਖੇਤੀਆਂ ਤੇ ਸ਼ਾਨਦਾਰ ਮਹਿਲ (ਵੀ ਛੱਡ ਤੁਰੇ)।	وَّزُرُوْعٍ وَّمَقَامٍ كَرِيْمٍ 26
27. ਕਿੰਨੀ ਹੀ ਸੁਖ-ਸਮੱਗਰੀ ਸੀ ਜਿਸ ਵਿਚ ਉਹ ਮੌਜਾਂ ਮਾਰਦੇ ਪਏ ਸਨ।	وَّنَعْمَةٍ كَانُوْا فِيْهَا فٰكِهِيْنَ (27)
28 ਉਹਨਾਂ ਦਾ ਅੰਤ ਇਸ ਤਰ੍ਹਾਂ ਹੋਇਆ ਕਿ ਅਸੀਂ ਇਕ ਦੂਜੀ ਕੌਮ ਨੂੰ ਉਹਨਾਂ ਦੀਆਂ ਸਾਰੀਆਂ ਚੀਜ਼ਾਂ ਦਾ ਵਾਰਸ ਬਣਾ ਦਿੱਤਾ।	كَذٰلِكَ وَاَوْرَثْنٰهَا قَوْمًا اٰخَرِيْنَ 28
29 ਫੇਰ ਨਾ ਅਕਾਸ਼ ਤੇ ਨਾ ਹੀ ਧਰਤੀ ਉਹਨਾਂ ਉੱਤੇ ਰੋਈ ਅਤੇ ਨਾ ਹੀ ਉਹਨਾਂ ਨੂੰ ਮੋਹਲਤ ਦਿੱਤੀ ਗਈ।	فَمَا بَكَتْ عَلَيْهِمُ السَّمَآءُ وَالْاَرْضُ وَمَا كَانُوْا مُنْظَرِيْنَ (29)
30. ਇਸ ਤਰ੍ਹਾਂ ਅਸੀਂ ਬਨੀ ਇਸਰਾਈਲ ਨੂੰ ਹੀਣਤਾ ਭਰੇ ਅਜ਼ਾਬ ਤੋਂ ਛੁਟਕਾਰਾ ਦਿੱਤਾ।	وَلَقَدْ نَجَّيْنَا بَنِيْٓ اِسْرَآءِيْلَ مِنَ الْعَذَابِ الْمُهِيْنِ 30
31. ਭਾਵ ਫ਼ਿਰਔਨ ਤੋਂ ਬਚਾਇਆ। ਬੇਸ਼ੱਕ ਉਹ ਵੱਡਾ ਹੀ ਸਰਕਸ਼ ਤੇ ਹੱਦਾਂ ਟੱਪਣ ਵਾਲਿਆਂ ਵਿੱਚੋਂ ਸੀ।	مِنْ فِرْعَوْنَ اِنَّهٗ كَانَ عَالِيًا مِّنَ الْمُسْرِفِيْنَ (31)
32 ਬੇਸ਼ੱਕ ਅਸੀਂ ਬਨੀ ਇਸਰਾਈਲ ਨੂੰ ਆਪਣੇ ਗਿਆਨ ਅਨੁਸਾਰ ਕੁਲ ਜਹਾਨ ਦੀਆਂ ਕੌਮਾਂ ਉੱਤੇ ਪਹਿਲ ਦਿੱਤੀ।	وَلَقَدِ اخْتَرْنٰهُمْ عَلٰى عِلْمٍ عَلَى الْعٰلَمِيْنَ (32)
33 ਅਸੀਂ ਉਹਨਾਂ ਨੂੰ ਅਜਿਹੀਆਂ ਨਿਸ਼ਾਨੀਆਂ ਦਿੱਤੀਆਂ ਸਨ ਜਿਨ੍ਹਾਂ ਵਿਚ ਖੁੱਲ੍ਹੀ ਅਜ਼ਮਾਇਸ਼ ਸੀ।	وَاٰتَيْنٰهُمْ مِّنَ الْاٰيٰتِ مَا فِيْهِ بَلٰٓؤٌا مُّبِيْنٌ (33)
34. ਅਤੇ ਇਹ (ਮੱਕੇ ਦੇ ਕਾਫ਼ਿਰ) ਲੋਕ ਵੱਡੇ ਜ਼ੋਰਾਂ ਨਾਲ ਆਖਦੇ ਹਨ।	اِنَّ هٰٓؤُلَآءِ لَيَقُوْلُوْنَ 34
35. ਕਿ ਅਸੀਂ ਮਰਨਾ ਤਾਂ ਇਕ ਵਾਰ ਹੀ ਹੈ ਅਤੇ ਸਾਨੂੰ ਮੁੜ ਉਠਾਇਆ ਨਹੀਂ ਜਾਵੇਗਾ।	اِنْ هِيَ اِلَّا مَوْتَتُنَا الْاُوْلٰى وَمَا نَحْنُ بِمُنْشَرِيْنَ 35

36. ਜੇ ਤੁਸੀਂ ਸੱਚੇ ਹੋ ਤਾਂ ਸਾਡੇ ਪਿਓ ਦਾਦਿਆਂ ਨੂੰ (ਜਿਊਂਦਾ ਕਰਕੇ) ਲੈ ਆਓ।

فَأْتُوا بِآبَائِنَا إِن كُنتُمْ صَادِقِينَ ﴿36﴾

37. ਕੀ ਇਹ (ਇਨਕਾਰੀ, ਸ਼ਕਤੀ ਪੱਖੋਂ) ਚੰਗੇਰੇ ਹਨ ਜਾਂ ਤੁੱਬਾ ਦੀ ਕੌਮ, ਜਾਂ ਉਹ ਲੋਕ ਜਿਹੜੇ ਇਹਨਾਂ ਤੋਂ ਪਹਿਲਾਂ ਬੀਤ ਚੁੱਕੇ ਹਨ, ਅਸੀਂ ਉਹਨਾਂ ਸਭ ਨੂੰ ਹਲਾਕ ਕਰ ਦਿੱਤਾ। ਉਹ ਸਾਰੇ ਅਪਰਾਧੀ ਸਨ।

أَهُمْ خَيْرٌ أَمْ قَوْمُ تُبَّعٍ وَالَّذِينَ مِن
قَبْلِهِمْ أَهْلَكْنَاهُمْ إِنَّهُمْ كَانُوا مُجْرِمِينَ ﴿37﴾

38. ਅਸੀਂ ਅਕਾਸ਼ਾਂ ਤੇ ਧਰਤੀ ਨੂੰ ਅਤੇ ਜੋ ਕੁੱਝ ਵੀ ਇਹਨਾਂ ਦੇ ਵਿਚਾਲੇ ਹੈ ਉਹਨਾਂ ਨੂੰ, ਖੇਡ-ਖੇਡ ਵਿਚ ਨਹੀਂ ਬਣਾਇਆ।

وَمَا خَلَقْنَا السَّمَاوَاتِ وَالْأَرْضَ وَمَا بَيْنَهُمَا
لَاعِبِينَ ﴿38﴾

39 ਅਸਾਂ ਇਹਨਾਂ ਦੋਵਾਂ (ਧਰਤੀ ਤੇ ਅਕਾਸ਼) ਨੂੰ ਹੱਕ ਸੱਚ ਦੇ ਅਧਾਰ 'ਤੇ ਪੈਦਾ ਕੀਤਾ ਹੈ। ਪਰ ਇਹਨਾਂ (ਇਨਕਾਰੀਆਂ) ਵਿੱਚੋਂ ਬਹੁਤੇ ਲੋਕ ਇਹ ਗੱਲ ਨਹੀਂ ਸਮਝਦੇ।

مَا خَلَقْنَاهُمَا إِلَّا بِالْحَقِّ وَلَٰكِنَّ أَكْثَرَهُمْ
لَا يَعْلَمُونَ ﴿39﴾

40 ਬੇਸ਼ੱਕ ਫ਼ੈਸਲੇ ਦਾ ਦਿਨ (ਭਾਵ ਕਿਆਮਤ) ਉਹਨਾਂ ਸਭ ਦੇ (ਮੁੜ ਜਿਊਂਦੇ ਕਰਨ) ਲਈ ਨਿਸ਼ਚਿਤ ਸਮਾਂ ਹੈ।

إِنَّ يَوْمَ الْفَصْلِ مِيقَاتُهُمْ أَجْمَعِينَ ﴿40﴾

41. ਉਸ ਦਿਹਾੜੇ ਕੋਈ ਮਿੱਤਰ ਕਿਸੇ ਮਿੱਤਰ ਦੇ ਕੁੱਝ ਵੀ ਕੰਮ ਨਹੀਂ ਆਵੇਗਾ ਅਤੇ ਨਾ ਹੀ ਉਹਨਾਂ ਦੀ ਸਹਾਇਤਾ ਕੀਤੀ ਜਾਵੇਗੀ।

يَوْمَ لَا يُغْنِي مَوْلًى عَن مَّوْلًى شَيْئًا وَلَا
هُمْ يُنصَرُونَ ﴿41﴾

42. ਛੁੱਟ ਇਸ ਤੋਂ ਅੱਲਾਹ ਹੀ ਜਿਸ ਉੱਤੇ ਮਿਹਰਬਾਨ ਹੋ ਜਾਵੇ (ਉਸ ਦੀ ਮਦਦ ਕੀਤੀ ਜਾਵੇਗੀ)। ਬੇਸ਼ੱਕ ਉਹ ਅਤਿਅੰਤ ਜ਼ੋਰਾਵਰ ਤੇ ਮਿਹਰਾਂ ਕਰਨ ਵਾਲਾ [redacted]

إِلَّا مَن رَّحِمَ اللَّهُ إِنَّهُ هُوَ الْعَزِيزُ الرَّحِيمُ ﴿42﴾

43. ਬੇਸ਼ੱਕ ਥੋਹਰ ਦਾ ਰੁੱਖ,

إِنَّ شَجَرَتَ الزَّقُّومِ ﴿43﴾

44. ਪਾਪੀਆਂ ਦਾ ਭੋਜਨ ਹੈ।

طَعَامُ الْأَثِيمِ ﴿44﴾

كَالْمُهْلِ ۚ يَغْلِي فِي الْبُطُونِ ﴿45﴾

45. ਪਿਘਲੇ ਹੋਏ ਤਾਂਬੇ ਵਾਂਗ ਉਹ ਢਿੱਡ ਵਿਚ ਉੱਬਲੇਗਾ।

كَغَلْيِ الْحَمِيمِ ﴿46﴾

46. ਜਿਵੇਂ ਤੇਜ਼ ਗਰਮ ਪਾਣੀ ਉਬਾਲੀਆਂ ਖਾਂਦਾ ਹੈ।

خُذُوهُ فَاعْتِلُوهُ إِلَىٰ سَوَاءِ الْجَحِيمِ ﴿47﴾

47. (ਹੁਕਮ ਹੋਵੇਗਾ ਕਿ) ਇਸ ਅਪਰਾਧੀ ਨੂੰ ਫੜੋ ਤੇ ਘਸੀਟਦੇ ਹੋਏ ਨਰਕ ਵਿਚ ਲੈ ਜਾਓ।

ثُمَّ صُبُّوا فَوْقَ رَأْسِهِ مِنْ عَذَابِ الْحَمِيمِ ﴿48﴾

48. ਫੇਰ ਉਸ ਦੇ ਸਿਰ ਉੱਤੇ ਉੱਬਲਦਾ ਹੋਇਆ ਪਾਣੀ ਡੋਲ੍ਹ ਦਿਓ।

ذُقْ إِنَّكَ أَنْتَ الْعَزِيزُ الْكَرِيمُ ﴿49﴾

49 ਫੇਰ ਆਖਿਆ ਜਾਵੇਗਾ ਕਿ ਲੈ ਚੱਖ ਸੁਆਦ, ਤੂੰ ਤਾਂ ਵੱਡਾ ਪਤਵੰਤਾ ਆਗੂ ਬਣੀ ਫਿਰਦਾ ਸੀ।

إِنَّ هَٰذَا مَا كُنْتُمْ بِهِ تَمْتَرُونَ ﴿50﴾

50 ਬੇਸ਼ੱਕ ਇਹ ਉਹ ਅਜ਼ਾਬ ਹੈ ਜਿਸ ਵਿਚ ਤੂੰ ਸ਼ੱਕ ਕਰਦਾ ਸੀ।

إِنَّ الْمُتَّقِينَ فِي مَقَامٍ أَمِينٍ ﴿51﴾

51. ਬੇਸ਼ੱਕ ਮੁੱਤਕੀਨ (ਰੱਬ ਦਾ ਡਰ-ਭੌ ਮੰਨਣ ਵਾਲੇ) ਅਮਨ ਸ਼ਾਂਤੀ ਵਾਲੀ ਥਾਂ ਵਿਖੇ ਹੋਣਗੇ।

فِي جَنَّاتٍ وَعُيُونٍ ﴿52﴾

52 ਭਾਵ ਉਹ ਬਾਗ਼ਾਂ ਤੇ ਚਸ਼ਮਿਆਂ ਵਿਚ ਹੋਣਗੇ।

يَلْبَسُونَ مِنْ سُنْدُسٍ وَإِسْتَبْرَقٍ
مُتَقَابِلِينَ ﴿53﴾

53. ਉਹ ਬਰੀਕ ਤੇ ਮੋਟੇ ਰੇਸ਼ਮ ਦੇ ਲਿਬਾਸ ਪਹਿਨੀ ਆਹਮੋ-ਸਾਹਮਣੇ ਬੈਠੇ ਹੋਣਗੇ।

كَذَٰلِكَ وَزَوَّجْنَاهُمْ بِحُورٍ عِينٍ ﴿54﴾

54 ਅਤੇ (ਜੰਨਤ ਵਿਚ) ਇਸ ਤਰ੍ਹਾਂ ਹੋਵੇਗਾ ਕਿ ਅਸੀਂ ਵੱਡੀ-ਵੱਡੀ ਅੱਖਾਂ ਵਾਲੀਆਂ ਹੂਰਾਂ ਨੂੰ ਉਹਨਾਂ ਦੀਆਂ ਪਤਨੀਆਂ ਬਣਾ ਦਿਆਂਗੇ।

يَدْعُونَ فِيهَا بِكُلِّ فَاكِهَةٍ آمِنِينَ ﴿55﴾

55 ਉੱਥੇ ਉਹ ਨਿਸਚਿੰਤ ਹੋਕੇ ਹਰ ਤਰ੍ਹਾਂ ਦੇ ਫਲਾਂ ਦੀ ਮੰਗ ਕਰਨਗੇ।

لَا يَذُوقُونَ فِيهَا الْمَوْتَ إِلَّا الْمَوْتَةَ
الْأُولَىٰ ۖ وَوَقَاهُمْ عَذَابَ الْجَحِيمِ ﴿56﴾

56. ਉੱਥੇ (ਜੰਨਤ) ਵਿਚ ਉਹ ਮੌਤ ਦਾ ਸੁਆਦ ਕਦੇ ਨਹੀਂ ਚੱਖਣਗੇ, ਛੁੱਟ ਪਹਿਲੀ (ਸੰਸਾਰ ਦੀ)

ਮੌਤ ਤੋਂ ਅਤੇ ਅੱਲਾਹ ਉਹਨਾਂ ਨੂੰ ਨਰਕ ਦੇ ਅਜ਼ਾਬ ਤੋਂ ਬਚਾ ਲਵੇਗਾ।

57. (ਹੇ ਨਬੀ!) ਤੁਹਾਡੇ ਰੱਬ ਦਾ ਫ਼ਜ਼ਲ ਹੈ, (ਨਰਕ ਤੋਂ ਬਚਣਾ ਹੀ) ਸਭ ਤੋਂ ਵੱਡੀ ਕਾਮਯਾਬੀ ਹੈ।

فَضْلًا مِّن رَّبِّكَ ۚ ذَٰلِكَ هُوَ الْفَوْزُ الْعَظِيمُ ﴿٥٧﴾

58. (ਹੇ ਨਬੀ!) ਅਸਾਂ ਤਾਂ ਇਸ ਕੁਰਆਨ ਨੂੰ ਤੁਹਾਡੀ ਭਾਸ਼ਾ (ਅਰਬੀ) ਵਿਚ ਸੁਖਾਲਾ ਬਣਾ ਛੱਡਿਆ ਹੈ ਤਾਂ ਜੋ ਉਹ ਲੋਕ ਨਸੀਹਤ ਪ੍ਰਾਪਤ ਕਰ ਸਕਣ।

فَإِنَّمَا يَسَّرْنَاهُ بِلِسَانِكَ لَعَلَّهُمْ يَتَذَكَّرُونَ ﴿٥٨﴾

59. ਹੁਣ ਤੁਸੀਂ ਵੀ ਉਡੀਕ ਕਰੋ, ਬੇਸ਼ੱਕ ਉਹ (ਇਨਕਾਰੀ ਵੀ ਕਿਆਮਤ ਦੀ) ਉਡੀਕ ਕਰ ਰਹੇ ਹਨ।

فَارْتَقِبْ إِنَّهُم مُّرْتَقِبُونَ ﴿٥٩﴾

45. ਸੂਰਤ ਅਜ-ਜਾਸੀਯਾ (ਮੱਕੀ-65)

سُورَةُ الْجَاثِيَةِ

(ਆਇਤਾਂ 37, ਰੁਕੂਅ 4)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਹਾ, ਮੀਮ।

حم ﴿١﴾

2. ਇਹ ਕਿਤਾਬ (ਕੁਰਆਨ) ਅੱਲਾਹ ਵੱਲੋਂ ਉਤਾਰੀ ਗਈ ਹੈ। ਜਿਹੜਾ ਅਤਿਅੰਤ ਜ਼ੋਰਾਵਰ ਤੇ ਵੱਡਾ ਯੁਕਤੀਮਾਨ ਹੈ।

تَنزِيلُ الْكِتَابِ مِنَ اللَّهِ الْعَزِيزِ الْحَكِيمِ ﴿٢﴾

3. ਨਿਰਸੰਦੇਹ, ਅਕਾਸ਼ਾਂ ਤੇ ਧਰਤੀ ਵਿਚ ਈਮਾਨ ਵਾਲਿਆਂ ਲਈ (ਰੱਬ ਦੀ ਕੁਦਰਤ ਦੀਆਂ) ਕਿੰਨੀਆਂ ਹੀ ਨਿਸ਼ਾਨੀਆਂ ਹਨ।

إِنَّ فِي السَّمَاوَاتِ وَالْأَرْضِ لَآيَاتٍ لِّلْمُؤْمِنِينَ ﴿٣﴾

4. ਤੁਹਾਡੀ ਆਪਣੀ ਸਿਰਜਣਾ ਵਿਚ ਵੀ ਅਤੇ ਉਹਨਾਂ ਜਾਨਵਰਾਂ ਵਿਚ ਵੀ, ਜਿਨ੍ਹਾਂ ਨੂੰ ਅੱਲਾਹ (ਧਰਤੀ ਵਿਚ) ਫੈਲਾ ਰਿਹਾ ਹੈ, ਉਹਨਾਂ ਲੋਕਾਂ ਲਈ

وَفِي خَلْقِكُمْ وَمَا يَبُثُّ مِن دَابَّةٍ آيَاتٌ لِّقَوْمٍ يُوقِنُونَ ﴿٤﴾

ਵੱਡੀਆਂ ਨਿਸ਼ਾਨੀਆਂ ਹਨ, ਜਿਹੜੇ ਅੱਲਾਹ ਉੱਤੇ ਯਕੀਨ ਰੱਖਦੇ ਹਨ।

5. ਰਾਤ ਤੇ ਦਿਨ ਦੇ ਬਦਲ-ਬਦਲ ਕੇ ਆਉਣ-ਜਾਣ ਵਿਚ ਅਤੇ ਉਸ ਰਿਜ਼ਕ (ਪਾਣੀ) ਵਿਚ ਜਿਹੜਾ ਅੱਲਾਹ ਨੇ ਅਕਾਸ਼ੋਂ ਨਾਜ਼ਿਲ ਕੀਤਾ ਹੈ, ਫੇਰ ਉਸ ਰਾਹੀਂ ਮੋਈ ਪਈ ਧਰਤੀ ਨੂੰ ਜਿਊਂਦਾ ਕਰਦਾ ਹੈ ਅਤੇ ਹਵਾਵਾਂ ਦੀਆਂ ਦਿਸ਼ਾਵਾਂ ਬਦਲਣ ਵਿਚ ਸੂਝ-ਬੂਝ ਰੱਖਣ ਵਾਲਿਆਂ ਲਈ ਕਿੰਨੀਆਂ ਹੀ ਨਿਸ਼ਾਨੀਆਂ ਹਨ।

وَاخْتِلَافِ اللَّيْلِ وَالنَّهَارِ وَمَا أَنْزَلَ اللَّهُ مِنَ
السَّمَاءِ مِنْ رِزْقٍ فَأَحْيَا بِهِ الْأَرْضَ بَعْدَ مَوْتِهَا
وَتَصْرِيفِ الرِّيَاحِ آيَاتٌ لِقَوْمٍ يَعْقِلُونَ ۝٥

6 ਇਹ ਅੱਲਾਹ ਦੀਆਂ ਆਇਤਾਂ (ਨਿਸ਼ਾਨੀਆਂ) ਹਨ ਜਿਨ੍ਹਾਂ ਨੂੰ ਅਸੀਂ ਤੁਹਾਡੇ ਸਾਮ੍ਹਣੇ ਹੱਕ ਸੱਚ ਨਾਲ ਬਿਆਨ ਕਰ ਰਹੇ ਹਨ। ਹੁਣ ਉਹ ਉਸ (ਅੱਲਾਹ) ਦੀਆਂ ਨਿਸ਼ਾਨੀਆਂ ਤੋਂ ਮਗਰੋਂ ਕਿਹੜੀ ਗੱਲ 'ਤੇ ਈਮਾਨ ਲਿਉਣਗੇ?

تِلْكَ آيَاتُ اللَّهِ نَتْلُوهَا عَلَيْكَ بِالْحَقِّ ۖ
فَبِأَيِّ حَدِيثٍ بَعْدَ اللَّهِ وَآيَاتِهِ يُؤْمِنُونَ ۝٦

7 ਹਰੇਕ ਝੂਠੇ ਗੁਨਾਹਗਾਰ ਲਈ ਬਰਬਾਦੀ ਹੈ।

وَيْلٌ لِكُلِّ أَفَّاكٍ أَثِيمٍ ۝٧

8 ਜਦੋਂ ਅੱਲਾਹ ਦੀਆਂ ਆਇਤਾਂ ਉਸ ਦੇ ਸਾਮ੍ਹਣੇ ਪੜ੍ਹੀਆਂ ਜਾਂਦੀਆਂ ਹਨ ਅਤੇ ਉਹ ਉਨ੍ਹਾਂ ਨੂੰ ਸੁਣਦਾ ਵੀ ਹੈ, ਪਰ ਉਹ ਹੰਕਾਰ ਵਿਚ ਆ ਕੇ ਆਪਣੀ ਗੱਲ ਉੱਤੇ ਅੜ ਜਾਂਦਾ ਹੈ ਜਿਵੇਂ ਉਸ ਨੇ ਕੁੱਝ ਸੁਣਿਆ ਹੀ ਨਹੀਂ। (ਹੇ ਨਬੀ!) ਤੁਸੀਂ ਉਸ ਨੂੰ ਦਰਦਨਾਕ ਅਜ਼ਾਬ ਦੀ ਖ਼ੁਸ਼ਖ਼ਬਰੀ ਸੁਣਾ ਦਿਓ।

يَسْمَعُ آيَاتِ اللَّهِ تُتْلَىٰ عَلَيْهِ ثُمَّ يُصِرُّ مُسْتَكْبِرًا
كَأَنْ لَمْ يَسْمَعْهَا ۖ فَبَشِّرْهُ بِعَذَابٍ أَلِيمٍ ۝٨

9. ਜਦੋਂ ਉਹ ਸਾਡੀਆਂ ਕੁੱਝ ਆਇਤਾਂ (ਆਦੇਸ਼ਾਂ) ਵਿੱਚੋਂ ਕੁਝ ਨੂੰ ਜਾਣ ਲੈਂਦਾ ਹੈ ਤਾਂ ਉਹਨਾਂ ਦਾ ਮਖ਼ੌਲ ਉਡਾਉਂਦਾ ਹੈ, ਅਜਿਹੇ ਲੋਕਾਂ ਲਈ ਹੀਣਤਾ ਭਰਿਆ ਅਜ਼ਾਬ ਹੈ।

وَإِذَا عَلِمَ مِنْ آيَاتِنَا شَيْئًا اتَّخَذَهَا هُزُوًا ۚ
أُولَٰئِكَ لَهُمْ عَذَابٌ مُهِينٌ ۝٩

10. ਉਹਨਾਂ ਦੇ ਅੱਗੇ ਨਰਕ ਹੈ। ਜੋ ਕੁੱਝ ਵੀ ਉਹਨਾਂ ਨੇ ਸੰਸਾਰ ਵਿਚ ਕਮਾਇਆ ਹੈ, ਉਹ ਉਹਨਾਂ ਦੇ ਕੁੱਝ ਵੀ ਕੰਮ ਨਹੀਂ ਆਵੇਗਾ ਅਤੇ ਨਾ ਹੀ ਉਹ ਇਸ਼ਟ ਕੰਮ ਆਉਣਗੇ ਜਿਨ੍ਹਾਂ ਨੂੰ ਉਹਨਾਂ ਨੇ ਅੱਲਾਹ ਤੋਂ ਛੁੱਟ ਆਪਣਾ ਕਾਰਜ-ਸਾਧਕ ਬਣਾ ਛੱਡਿਆ ਹੈ ਅਤੇ ਉਹਨਾਂ ਲਈ ਦੁਖਦਾਈ ਅਜ਼ਾਬ ਹੈ।

مِنْ وَّرَآئِهِمْ جَهَنَّمُ ۚ وَلَا يُغْنِيْ عَنْهُمْ
مَّا كَسَبُوْا شَيْـًٔا وَّلَا مَا اتَّخَذُوْا مِنْ دُوْنِ اللّٰهِ
اَوْلِيَآءَ ۚ وَلَهُمْ عَذَابٌ عَظِيْمٌ ﴿10﴾

11. ਇਹ (ਕੁਰਆਨ) ਤਾਂ ਹਿਦਾਇਤ ਹੈ ਅਤੇ ਉਹ ਲੋਕ ਜਿਨ੍ਹਾਂ ਨੇ ਆਪਣੇ ਰੱਬ ਦੀਆਂ ਆਇਤਾਂ (ਹੁਕਮਾਂ) ਦਾ ਇਨਕਾਰ ਕੀਤਾ ਹੈ, ਉਹਨਾਂ ਲਈ ਲੋਹੜੇ ਦਾ ਦੁਖਦਾਈ ਅਜ਼ਾਬ ਹੈ।

هٰذَا هُدًى ۚ وَالَّذِيْنَ كَفَرُوْا بِاٰيٰتِ رَبِّهِمْ
لَهُمْ عَذَابٌ مِّنْ رِّجْزٍ اَلِيْمٌ ﴿11﴾

12. ਅੱਲਾਹ ਉਹ ਹੈ ਜਿਸ ਨੇ ਸਮੁੰਦਰ ਨੂੰ ਤੁਹਾਡੇ ਅਧੀਨ ਕਰ ਰੱਖਿਆ ਹੈ ਤਾਂ ਜੋ ਉਸ ਦੇ ਹੁਕਮ ਨਾਲ ਇਸ ਵਿਚ ਬੇੜੀਆਂ ਚੱਲਣ, ਤਾਂ ਜੋ ਤੁਸੀਂ ਉਸ ਵਿੱਚੋਂ ਉਸ ਦਾ ਫ਼ਜ਼ਲ (ਰਿਜ਼ਕ) ਦੀ ਭਾਲ ਕਰ ਸਕੋਂ ਅਤੇ ਉਸ ਦੇ ਧੰਨਵਾਦੀ ਹੋਵੋਂ।

اَللّٰهُ الَّذِيْ سَخَّرَ لَكُمُ الْبَحْرَ لِتَجْرِيَ
الْفُلْكُ فِيْهِ بِاَمْرِهٖ وَلِتَبْتَغُوْا مِنْ فَضْلِهٖ
وَلَعَلَّكُمْ تَشْكُرُوْنَ ﴿12﴾

13. ਉਸ (ਅੱਲਾਹ) ਨੇ ਆਪਣੇ ਵੱਲੋਂ, ਜੋ ਕੁੱਝ ਅਕਾਸ਼ਾਂ ਵਿਚ ਅਤੇ ਜੋ ਕੁੱਝ ਧਰਤੀ ਵਿਚ ਹੈ, ਉਹ ਸਭ ਤੁਹਾਡੇ ਅਧੀਨ ਕਰ ਛੱਡਿਆ ਹੈ ਬੇਸ਼ੱਕ ਇਸ ਵਿਚ ਉਹਨਾਂ ਲੋਕਾਂ ਲਈ ਨਿਸ਼ਾਨੀਆਂ ਹਨ ਜਿਹੜੇ ਸੋਚ ਵਿਚਾਰ ਕਰਦੇ ਹਨ।

وَسَخَّرَ لَكُمْ مَّا فِي السَّمٰوٰتِ وَمَا فِي الْاَرْضِ
جَمِيْعًا مِّنْهُ ۚ اِنَّ فِيْ ذٰلِكَ لَاٰيٰتٍ لِّقَوْمٍ
يَّتَفَكَّرُوْنَ ﴿13﴾

14. (ਹੇ ਨਬੀ!) ਤੁਸੀਂ ਈਮਾਨ ਵਾਲਿਆਂ ਨੂੰ ਆਖ ਦਿਓ ਕਿ ਉਹ ਉਹਨਾਂ ਲੋਕਾਂ ਦੀ ਪਰਵਾਹ ਨਾ ਕਰਨ ਜਿਹੜੇ ਅੱਲਾਹ ਵੱਲੋਂ ਮਾੜੇ ਦਿਨਾਂ (ਭਾਵ ਕਿਆਮਤ) ਦੇ ਆਉਣ ਦਾ ਵਿਸ਼ਵਾਸ ਨਹੀਂ ਰੱਖਦੇ, ਤਾਂ ਜੋ ਅੱਲਾਹ ਕੁੱਝ ਲੋਕਾਂ ਨੂੰ ਉਹਨਾਂ (ਦੇ ਕਰਮਾਂ) ਦੀ ਸਜ਼ਾ ਦੇਵੇ ਜੋ ਉਹ ਕਮਾਉਂਦੇ ਰਹੇ

قُلْ لِّلَّذِيْنَ اٰمَنُوْا يَغْفِرُوْا لِلَّذِيْنَ لَا يَرْجُوْنَ
اَيَّامَ اللّٰهِ لِيَجْزِيَ قَوْمًا بِمَا كَانُوْا
يَكْسِبُوْنَ ﴿14﴾

15. ਜਿਹੜਾ ਕੋਈ ਨੇਕ ਕੰਮ ਕਰੇਗਾ ਤਾਂ ਉਸ ਦਾ ਲਾਭ ਉਸ ਨੂੰ ਹੋਵੇਗਾ ਅਤੇ ਜਿਸ ਨੇ ਬੁਰੇ ਕੰਮ ਕੀਤੇ ਤਾਂ ਉਸ ਦੀ ਸਜ਼ਾ ਵੀ ਉਹੀਓ ਭੋਗੇਗਾ ਅਤੇ ਤੁਸੀਂ ਸਾਰੇ ਆਪਣੇ ਰੱਬ ਵੱਲ ਹੀ ਪਰਤਾਏ ਜਾਵੋਗੇ।

مَنْ عَمِلَ صَالِحًا فَلِنَفْسِهِ ۖ وَمَنْ أَسَاءَ
فَعَلَيْهَا ۖ ثُمَّ إِلَىٰ رَبِّكُمْ تُرْجَعُونَ ﴿١٥﴾

16 (ਇਸ ਤੋਂ ਪਹਿਲਾਂ) ਅਸੀਂ ਬਨੀ ਇਸਰਾਈਲ ਨੂੰ ਕਿਤਾਬ (ਤੌਰੈਤ), ਹਕੂਮਤ ਅਤੇ ਪੈਗ਼ੰਬਰੀ ਬਖ਼ਸ਼ੀ ਸੀ ਅਤੇ ਉਹਨਾਂ ਨੂੰ ਪਵਿੱਤਰ ਰਿਜ਼ਕ ਬਖ਼ਸ਼ਿਆ ਅਤੇ ਉਹਨਾਂ ਨੂੰ ਕੁੱਲ ਜਹਾਨ ਦੀਆਂ ਕੌਮਾਂ ਉੱਤੇ ਵਡਿਆਈ ਬਖ਼ਸ਼ੀ।

وَلَقَدْ آتَيْنَا بَنِي إِسْرَائِيلَ الْكِتَابَ
وَالْحُكْمَ وَالنُّبُوَّةَ وَرَزَقْنَاهُمْ مِنَ
الطَّيِّبَاتِ وَفَضَّلْنَاهُمْ عَلَى الْعَالَمِينَ ﴿١٦﴾

17 ਅਤੇ ਅਸੀਂ ਉਹਨਾਂ ਨੂੰ ਧਰਮ ਪੱਖੋਂ ਖੁੱਲ੍ਹੀਆਂ ਦਲੀਲਾਂ ਬਖ਼ਸ਼ੀਆਂ। ਫੇਰ ਆਪਣੇ ਕੋਲ ਗਿਆਨ ਆਉਣ ਮਗਰੋਂ, ਕੇਵਲ ਆਪੋ ਵਿਚ ਹਟਧਰਮੀ ਕਾਰਨ ਉਹਨਾਂ ਵਿਚਾਲੇ ਮਤਭੇਦ ਹੋ ਗਏ। ਬੇਸ਼ੱਕ ਤੁਹਾਡਾ ਰੱਬ ਕਿਆਮਤ ਦਿਹਾੜੇ ਉਹਨਾਂ ਗੱਲਾਂ ਦਾ ਫ਼ੈਸਲਾ ਕਰ ਦੇਵੇਗਾ ਜਿਨ੍ਹਾਂ ਵਿਚ ਉਹ ਮਤਭੇਦ ਕਰਦੇ ਰਹੇ ਹਨ।

وَآتَيْنَاهُمْ بَيِّنَاتٍ مِنَ الْأَمْرِ ۖ فَمَا اخْتَلَفُوا إِلَّا
مِنْ بَعْدِ مَا جَاءَهُمُ الْعِلْمُ بَغْيًا بَيْنَهُمْ ۚ
إِنَّ رَبَّكَ يَقْضِي بَيْنَهُمْ يَوْمَ الْقِيَامَةِ فِيمَا
كَانُوا فِيهِ يَخْتَلِفُونَ ﴿١٧﴾

18 (ਹੇ ਨਬੀ!) ਅਸੀਂ ਤੁਹਾਨੂੰ ਧਰਮ ਦੇ ਮਾਮਲੇ ਵਿਚ ਇਕ ਸ਼ਰੀਅਤ (ਸਪਸ਼ਟ ਰਾਹ) ਉੱਤੇ ਕਾਇਮ ਕੀਤਾ ਹੈ, ਸੋ ਤੁਸੀਂ ਉਸ ਰਾਹ 'ਤੇ ਤੁਰੋ ਅਤੇ ਉਹਨਾਂ ਲੋਕਾਂ ਦੀਆਂ ਕਾਮਨਾਵਾਂ ਦੇ ਪਿੱਛੇ ਨਾ ਲੱਗੋ ਜਿਹੜੇ ਅਗਿਆਨੀ ਹਨ।

ثُمَّ جَعَلْنَاكَ عَلَىٰ شَرِيعَةٍ مِنَ الْأَمْرِ فَاتَّبِعْهَا وَلَا
تَتَّبِعْ أَهْوَاءَ الَّذِينَ لَا يَعْلَمُونَ ﴿١٨﴾

19. ਬੇਸ਼ੱਕ ਇਹ ਲੋਕ (ਅੱਲਾਹ ਦੇ ਅਜ਼ਾਬ ਤੋਂ ਬਚਾਉਣ ਲਈ) ਤੁਹਾਡੇ ਕੁਝ ਵੀ ਕੰਮ ਨਹੀਂ ਆਉਣਗੇ। ਬੇਸ਼ੱਕ ਜ਼ਾਲਿਮ ਲੋਕ ਹੀ ਇਕ ਦੂਜੇ ਦੇ ਮਿੱਤਰ ਹਨ ਅਤੇ ਅੱਲਾਹ ਮੁੱਤਕੀਆਂ (ਰੱਬ ਦਾ ਡਰ ਰੱਖਣ ਵਾਲਿਆਂ) ਦਾ ਮਿੱਤਰ ਹੈ।

إِنَّهُمْ لَنْ يُغْنُوا عَنْكَ مِنَ اللَّهِ شَيْئًا ۚ وَإِنَّ
الظَّالِمِينَ بَعْضُهُمْ أَوْلِيَاءُ بَعْضٍ ۖ وَاللَّهُ وَلِيُّ
الْمُتَّقِينَ ﴿١٩﴾

20. ਇਹ (ਕੁਰਆਨ) ਲੋਕਾਂ ਲਈ ਹਿਦਾਇਤ ਵਾਲੀਆਂ ਦਲੀਲਾਂ 'ਤੇ ਆਧਾਰਿਤ ਹੈ ਅਤੇ ਉਹਨਾਂ ਲਈ ਹਿਦਾਇਤ ਅਤੇ ਰਹਿਮਤ ਹੈ ਜਿਹੜੇ ਇਸ ਉੱਤੇ ਵਿਸ਼ਵਾਸ ਰਖਦੇ ਹਨ।[1]

هَٰذَا بَصَائِرُ لِلنَّاسِ وَهُدًى وَرَحْمَةٌ لِّقَوْمٍ يُوقِنُونَ ٢٠

21. ਕੀ ਉਹ ਲੋਕ ਜਿਨ੍ਹਾਂ ਨੇ ਬੁਰਾਈਆਂ ਕੀਤੀਆਂ ਹਨ, ਇਹ ਸਮਝੀਂ ਬੈਠੇ ਹਨ ਕਿ ਅਸੀਂ ਉਹਨਾਂ ਨੂੰ ਅਤੇ ਈਮਾਨ ਲਿਆਉਣ ਵਾਲਿਆਂ ਤੇ ਭਲੇ ਕੰਮ ਕਰਨ ਵਾਲਿਆਂ ਨੂੰ ਇੱਕੋ ਜਿਹਾ ਕਰ ਦਿਆਂਗੇ ਕਿ ਉਹਨਾਂ ਦਾ ਜਿਊਣ ਮਰਨ ਇਕ ਬਰਾਬਰ ਹੋ ਜਾਵੇ? ਉਹ ਬਹੁਤ ਹੀ ਭੈੜੇ ਫ਼ੈਸਲੇ ਕਰ ਰਹੇ ਹਨ।

أَمْ حَسِبَ الَّذِينَ اجْتَرَحُوا السَّيِّئَاتِ أَن نَّجْعَلَهُمْ كَالَّذِينَ آمَنُوا وَعَمِلُوا الصَّالِحَاتِ سَوَاءً مَّحْيَاهُمْ وَمَمَاتُهُمْ ۚ سَاءَ مَا يَحْكُمُونَ ٢١

22. ਅੱਲਾਹ ਨੇ ਅਕਾਸ਼ਾਂ ਤੇ ਧਰਤੀ ਨੂੰ ਹੱਕ ਦੇ ਆਧਾਰ 'ਤੇ ਸਾਜਿਆ ਹੈ, ਤਾਂ ਜੋ ਹਰੇਕ ਵਿਅਕਤੀ ਨੂੰ ਉਸ ਦੇ ਅਮਲਾਂ ਦਾ ਠੀਕ-ਠੀਕ ਬਦਲਾ ਦਿੱਤਾ ਜਾਵੇ। ਉਹਨਾਂ ਉੱਤੇ ਕੋਈ ਜ਼ੁਲਮ ਨਹੀਂ ਕੀਤਾ ਜਾਵੇਗਾ।[2]

وَخَلَقَ اللَّهُ السَّمَاوَاتِ وَالْأَرْضَ بِالْحَقِّ وَلِتُجْزَىٰ كُلُّ نَفْسٍ بِمَا كَسَبَتْ وَهُمْ لَا يُظْلَمُونَ ٢٢

23. ਕੀ ਤੁਸੀਂ ਕਦੇ ਉਸ ਵਿਅਕਤੀ ਨੂੰ ਵੇਖਿਆ ਹੈ ਜਿਸ ਨੇ ਆਪਣੀ ਮਨੋਕਾਮਨਾ ਨੂੰ ਆਪਣਾ ਇਸ਼ਟ ਬਣਾ ਰੱਖਿਆ ਹੈ। ਅੱਲਾਹ ਨੇ ਉਸ ਨੂੰ ਕੁਰਾਹੇ ਪਾ ਸੁੱਟਿਆ ਅਤੇ ਉਸ ਦੇ ਕੰਨਾਂ ਅਤੇ ਦਿਲ (ਅਕਲ) ਉੱਤੇ ਮੋਹਰ ਲਾ ਛੱਡੀ ਹੈ ਅਤੇ ਉਸ ਦੀਆਂ ਅੱਖਾਂ 'ਤੇ ਪਰਦਾ ਪਾ ਦਿੱਤਾ, ਜਦ ਕਿ ਉਸ ਨੂੰ (ਹੱਕ-ਸੱਚ ਦਾ) ਗਿਆਨ ਸੀ। ਅੱਲਾਹ ਤੋਂ ਛੁੱਟ ਹੋਰ ਕੌਣ ਹੈ ਜਿਹੜਾ ਉਸ ਨੂੰ ਹਿਦਾਇਤ ਦੇਵੇ? ਕੀ ਤੁਸੀਂ ਫੇਰ ਵੀ ਨਸੀਹਤ ਗ੍ਰਹਿਣ ਨਹੀਂ ਕਰਦੇ?

أَفَرَأَيْتَ مَنِ اتَّخَذَ إِلَٰهَهُ هَوَاهُ وَأَضَلَّهُ اللَّهُ عَلَىٰ عِلْمٍ وَخَتَمَ عَلَىٰ سَمْعِهِ وَقَلْبِهِ وَجَعَلَ عَلَىٰ بَصَرِهِ غِشَاوَةً فَمَن يَهْدِيهِ مِن بَعْدِ اللَّهِ ۚ أَفَلَا تَذَكَّرُونَ ٢٣

---

[1] ਵੇਖੋ ਸੂਰਤ ਯੂਨੁਸ, ਹਾਸ਼ੀਆ ਆਇਤ 37/10

[2] ਵੇਖੋ ਸੂਰਤ ਅਲ-ਹਿਜਰ, ਹਾਸ਼ੀਆ ਆਇਤ 23/15

24. ਉਹ ਲੋਕ ਆਖਦੇ ਹਨ ਕਿ ਸਾਡਾ ਜੀਵਨ ਤਾਂ ਬੱਸ ਇਹੋ (ਸੰਸਾਰਿਕ ਜੀਵਨ) ਹੈ, ਅਸੀਂ ਇੱਥੇ ਹੀ ਮਰਦੇ ਹਾਂ ਅਤੇ ਇੱਥੇ ਹੀ ਜਿਉਂਦੇ ਹਾਂ, ਸਮੇਂ ਦਾ ਫੇਰ ਹੀ ਸਾਨੂੰ ਹਲਾਕ ਕਰਦਾ ਹੈ।[1] (ਹੇ ਨਬੀ) ਇਹਨਾਂ ਲੋਕਾਂ ਨੂੰ ਇਸ ਦੀ ਕੁੱਝ ਵੀ ਜਾਣਕਾਰੀ ਨਹੀਂ। ਇਹ ਲੋਕ ਤਾਂ ਨਿਰੀ ਅਟਕਲ ਦੇ ਆਧਾਰ 'ਤੇ ਹੀ ਗੱਲਾਂ ਕਰਦੇ ਹਨ।

وَقَالُوا مَا هِيَ إِلَّا حَيَاتُنَا الدُّنْيَا نَمُوتُ وَنَحْيَا
وَمَا يُهْلِكُنَا إِلَّا الدَّهْرُ ۚ وَمَا لَهُم بِذَٰلِكَ مِنْ
عِلْمٍ ۖ إِنْ هُمْ إِلَّا يَظُنُّونَ ٢٤

25. ਜਦੋਂ ਇਹਨਾਂ ਨੂੰ ਸਾਡੀਆਂ ਸਪਸ਼ਟ ਆਇਤਾਂ ਸੁਣਾਈਆਂ ਜਾਂਦੀਆਂ ਹਨ, ਤਾਂ ਉਹਨਾਂ ਦੀ ਦਲੀਲ ਤਾਂ ਬੱਸ ਇਹੋ ਹੁੰਦੀ ਹੈ ਕਿ ਉਹ ਕਹਿੰਦੇ ਹਨ ਕਿ ਜੇਕਰ ਤੁਸੀਂ ਸੱਚੇ ਹੋ ਤਾਂ ਸਾਡੇ ਪਿਓ ਦਾਦਿਆਂ ਨੂੰ ਉਠਾ ਲਿਆਓ।

وَإِذَا تُتْلَىٰ عَلَيْهِمْ آيَاتُنَا بَيِّنَاتٍ مَّا كَانَ
حُجَّتَهُمْ إِلَّا أَن قَالُوا ائْتُوا بِآبَائِنَا
إِن كُنتُمْ صَادِقِينَ ٢٥

26. (ਹੇ ਨਬੀ!) ਤੁਸੀਂ ਆਖ ਦਿਓ ਕਿ ਅੱਲਾਹ ਹੀ ਤੁਹਾਨੂੰ ਜਿਊਂਦਾ ਕਰਦਾ ਹੈ, ਉਹੀਓ ਤੁਹਾਨੂੰ ਮੌਤ ਦਿੰਦਾ ਹੈ, ਫੇਰ ਕਿਆਮਤ ਦਿਹਾੜੇ ਉਹੀਓ ਤੁਹਾਨੂੰ ਜਮ੍ਹਾਂ ਕਰੇਗਾ, ਜਿਸ ਦੇ ਆਉਣ ਵਿਚ ਕੁੱਝ ਵੀ ਸ਼ੱਕ ਨਹੀਂ। ਪਰ ਵਧੇਰੇ ਲੋਕ ਜਾਣਦੇ ਨਹੀਂ।

قُلِ اللَّهُ يُحْيِيكُمْ ثُمَّ يُمِيتُكُمْ ثُمَّ يَجْمَعُكُمْ
إِلَىٰ يَوْمِ الْقِيَامَةِ لَا رَيْبَ فِيهِ وَلَٰكِنَّ أَكْثَرَ
النَّاسِ لَا يَعْلَمُونَ ٢٦

27 ਅਕਾਸ਼ਾਂ ਤੇ ਧਰਤੀ ਦੀ ਪਾਤਸ਼ਾਹੀ ਅੱਲਾਹ ਦੀ ਹੀ ਹੈ ਅਤੇ ਜਦੋਂ ਕਿਆਮਤ ਦੀ ਘੜੀ ਆਵੇਗੀ, ਉਸ ਦਿਨ ਝੂਠੇ ਲੋਕ ਘਾਟੇ ਵਿਚ ਰਹਿਣਗੇ।

وَلِلَّهِ مُلْكُ السَّمَاوَاتِ وَالْأَرْضِ ۚ وَيَوْمَ تَقُومُ
السَّاعَةُ يَوْمَئِذٍ يَخْسَرُ الْمُبْطِلُونَ ٢٧

---

1 ਸੰਸਾਰ ਵਿਚ ਜੋ ਕੁਝ ਵੀ ਹੁੰਦਾ ਹੈ ਕੁਝ ਲੋਕ ਉਸ ਨੂੰ ਸਮੇਂ ਦੀ ਘਟਨਾ ਸਮਝਦੇ ਹਨ ਜਿਹੜੀਆਂ ਆਪਣੇ ਆਪ ਹੀ ਘਟਦੀਆਂ ਹਨ ਜਦ ਕਿ ਇਹ ਅਕੀਦਾ ਉਨ੍ਹਾਂ ਲੋਕਾਂ ਦਾ ਹੈ ਜਿਹੜੇ ਧਰਮਾਂ ਨੂੰ ਨਹੀਂ ਮੰਨਦੇ। ਹਕੀਕਤ ਇਹ ਹੈ ਕਿ ਜੋ ਕੁਝ ਵੀ ਸੰਸਾਰ ਵਿਚ ਹੁੰਦਾ ਹੈ ਉਹ ਸਭ ਅੱਲਾਹ ਦੀ ਰਜ਼ਾ ਅਨੁਸਾਰ ਹੀ ਹੁੰਦਾ ਹੈ। ਇਸ ਲਈ ਹਦੀਸ ਵਿਚ ਸੰਸਾਰ ਵਿਚ ਵਾਪਰਨ ਵਾਲੀਆਂ ਘਟਨਾਵਾਂ ਨੂੰ ਸਮੇਂ ਦੇ ਨਾਲ ਜੋੜਨਾ ਤੋਂ ਰੋਕਿਆ ਗਿਆ ਹੈ। ਇਕ ਹਦੀਸ ਵਿਚ ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਅੱਲਾਹ ਫ਼ਰਮਾਉਂਦਾ ਹੈ ਕਿ ਆਦਮੀ ਜਦੋਂ ਜ਼ਮਾਨੇ ਨੂੰ ਗਾਲ੍ਹਾਂ ਕੱਢਦਾ ਹੈ ਤਾਂ ਉਹ ਮੈਨੂੰ ਸਤਾਉਂਦਾ ਹੈ। ਹਾਲਾਂ ਕਿ ਜ਼ਮਾਨਾ ਮੈਂ ਹੀ ਹਾਂ, ਸਾਰੇ ਕੰਮ ਮੇਰੇ ਹੱਥ ਵਿਚ ਹਨ ਅਤੇ ਰਾਤ ਦਿਨ ਦਾ ਫੇਰ ਬਦਲ ਮੈਂ ਹੀ ਕਰਦਾ ਹੈ। (ਸਹੀ ਬੁਖ਼ਾਰੀ, ਹਦੀਸ 4826)

28 (ਹੇ ਨਬੀ!) ਉਸ ਦਿਨ ਤੁਸੀਂ ਹਰੇਕ ਉੱਮਤ ਨੂੰ ਗੋਡਿਆਂ ਭਾਰ ਡਿੱਗਿਆ ਵੇਖੋਗੇ। ਹਰੇਕ ਉੱਮਤ ਨੂੰ ਉਸ ਦੀ ਕਰਮ-ਪਤਰੀ ਵੱਲ ਸੱਦਿਆ ਜਾਵੇਗਾ। (ਉਹਨਾਂ ਨੂੰ ਆਖਿਆ ਜਾਵੇਗਾ ਕਿ) ਅੱਜ ਤੁਹਾਨੂੰ ਉਹਨਾਂ ਕਰਮਾਂ ਦਾ ਬਦਲਾ ਦਿੱਤਾ ਜਾਵੇਗਾ ਜਿਹੜੇ ਤੁਸੀਂ (ਸੰਸਾਰ ਵਿਚ) ਕਰਦੇ ਰਹੇ ਸੀ।

وَتَرٰى كُلَّ اُمَّةٍ جَاثِيَةً ۫ كُلُّ اُمَّةٍ تُدْعٰۤى
اِلٰى كِتٰبِهَا ؕ اَلْيَوْمَ تُجْزَوْنَ مَا كُنْتُمْ
تَعْمَلُوْنَ 28

29. ਆਖਿਆ ਜਾਵੇਗਾ ਕਿ ਇਹ (ਕਰਮ ਪਤਰੀ) ਸਾਡੀ ਕਿਤਾਬ ਹੈ। ਇਹ ਤੁਹਾਡੇ ਬਾਰੇ ਸੱਚ ਬੋਲਦੀ ਹੈ। ਨਿਰਸੰਦੇਹ, ਅਸੀਂ ਉਹੀਓ ਲਿਖਵਾਉਂਦੇ ਸੀ ਜੋ ਤੁਸੀਂ ਕਰਮ ਕਰਦੇ ਰਹੇ ਹੋ।

هٰذَا كِتٰبُنَا يَنْطِقُ عَلَيْكُمْ بِالْحَقِّ ؕ اِنَّا
كُنَّا نَسْتَنْسِخُ مَا كُنْتُمْ تَعْمَلُوْنَ 29

30 ਪਰੰਤੂ ਜਿਹੜੇ ਲੋਕ ਈਮਾਨ ਲਿਆਏ ਅਤੇ ਉਹਨਾਂ ਨੇ ਕੰਮ ਵੀ ਭਲੇ ਕੀਤੇ ਅੱਲਾਹ ਉਹਨਾਂ ਨੂੰ ਆਪਣੀ ਮਿਹਰ (ਭਾਵ ਸਵਰਗ) ਵਿਚ ਦਾਖ਼ਲ ਕਰੇਗਾ। ਇਹੋ ਅਸਲੀ ਕਾਮਯਾਬੀ ਹੈ।

فَاَمَّا الَّذِيْنَ اٰمَنُوْا وَعَمِلُوا الصّٰلِحٰتِ
فَيُدْخِلُهُمْ رَبُّهُمْ فِيْ رَحْمَتِهٖ ؕ ذٰلِكَ هُوَ
الْفَوْزُ الْمُبِيْنُ 30

31 ਅਤੇ ਜਿਨ੍ਹਾਂ ਲੋਕਾਂ ਨੇ ਇਨਕਾਰ ਕੀਤਾ ਉਹਨਾਂ ਨੂੰ ਪੁੱਛਿਆ ਜਾਵੇਗਾ ਕਿ ਕੀ ਤੁਹਾਨੂੰ ਮੇਰੀਆਂ ਆਇਤਾਂ ਨਹੀਂ ਸੁਣਾਈਆਂ ਜਾਂਦੀਆਂ ਸੀ? ਪਰ ਤੁਸੀਂ ਘਮੰਡ ਕੀਤਾ, ਕਿਉਂ ਜੋ ਤੁਸੀਂ ਅਪਰਾਧੀ ਸੀ।

وَاَمَّا الَّذِيْنَ كَفَرُوْا ۫ اَفَلَمْ تَكُنْ اٰيٰتِيْ تُتْلٰى
عَلَيْكُمْ فَاسْتَكْبَرْتُمْ وَكُنْتُمْ قَوْمًا مُّجْرِمِيْنَ 31

32. ਜਦੋਂ ਤੁਹਾਨੂੰ ਆਖਿਆ ਜਾਂਦਾ ਸੀ ਕਿ ਅੱਲਾਹ ਦਾ ਵਾਅਦਾ ਸੱਚਾ ਹੈ, ਕਿਆਮਤ ਦੇ ਆਉਣ ਵਿਚ ਕੋਈ ਸ਼ੱਕ ਨਹੀਂ, ਤਾਂ ਤੁਸੀਂ ਆਖਦੇ ਸੀ ਕਿ ਅਸੀਂ ਨਹੀਂ ਜਾਣਦੇ ਕਿ ਕਿਆਮਤ ਕੀ ਹੈ? ਸਾਨੂੰ ਤਾਂ ਬੱਸ ਇਕ ਭਰਮ ਜਿਹਾ ਹੈ, ਪਰ ਅਸੀਂ ਯਕੀਨ ਨਹੀਂ ਕਰ ਸਕਦੇ।

وَاِذَا قِيْلَ اِنَّ وَعْدَ اللّٰهِ حَقٌّ وَّالسَّاعَةُ لَا رَيْبَ
فِيْهَا قُلْتُمْ مَّا نَدْرِيْ مَا السَّاعَةُ ۙ اِنْ نَّظُنُّ
اِلَّا ظَنًّا وَّمَا نَحْنُ بِمُسْتَيْقِنِيْنَ 32

33. (ਉਸ ਦਿਹਾੜੇ) ਇਹਨਾਂ ਦੇ ਸਾਹਮਣੇ ਇਹਨਾਂ ਦੀਆਂ ਕਰਤੂਤਾਂ ਪ੍ਰਗਟ ਹੋ ਜਾਣਗੀਆਂ ਅਤੇ ਫੇਰ

وَبَدَا لَهُمْ سَيِّاٰتُ مَا عَمِلُوْا وَحَاقَ
بِهِمْ مَّا كَانُوْا بِهٖ يَسْتَهْزِءُوْنَ 33

ਇਹਨਾਂ ਨੂੰ ਉਹ ਅਜ਼ਾਬ ਘੇਰ ਲਵੇਗਾ ਜਿਸ ਦਾ ਇਹ ਮਖ਼ੌਲ ਉਡਾਇਆ ਕਰਦੇ ਸਨ।

34 ਉਹਨਾਂ (ਨਰਕੀਆਂ) ਨੂੰ ਆਖਿਆ ਜਾਵੇਗਾ ਕਿ ਅੱਜ ਅਸੀਂ ਤੁਹਾਨੂੰ ਉਸੇ ਤਰ੍ਹਾਂ ਭੁੱਲ ਜਾਵਾਂਗੇ ਜਿਵੇਂ ਤੁਸੀਂ ਇਸ ਦਿਹਾੜੀ ਦੀ ਮਿਲਣੀ ਨੂੰ ਭੁੱਲ ਗਏ ਸੀ ਅਤੇ ਤੁਹਾਡਾ ਟਿਕਾਣਾ ਅੱਗ ਹੈ, ਜਿੱਥੇ ਤੁਹਾਡਾ ਕੋਈ ਵੀ ਸਹਾਈ ਨਹੀਂ ਹੋਵੇਗਾ।

وَقِيلَ الْيَوْمَ نَنسَاكُمْ كَمَا نَسِيتُمْ لِقَاءَ يَوْمِكُمْ
هَٰذَا وَمَأْوَاكُمُ النَّارُ وَمَا لَكُم مِّن
نَّاصِرِينَ ٣٤

35 (ਇਹ ਤੁਹਾਡਾ ਅੰਤ) ਇਸ ਲਈ ਹੋਇਆ ਹੈ ਕਿਉਂ ਜੋ ਤੁਸੀਂ ਅੱਲਾਹ ਦੀਆਂ ਆਇਤਾਂ (ਕੁਰਆਨ) ਦਾ ਮਖ਼ੌਲ ਬਣਾ ਛੱਡਿਆ ਸੀ ਅਤੇ ਸੰਸਾਰਿਕ ਜੀਵਨ ਨੇ ਤੁਹਾਨੂੰ ਧੋਖੇ ਵਿਚ ਪਾ ਰੱਖਿਆ ਸੀ। ਸੋ ਅੱਜ ਉਹ ਇਸ ਨਰਕ 'ਚੋਂ ਕੱਢੇ ਨਹੀਂ ਜਾਣਗੇ ਤੇ ਨਾ ਹੀ ਉਹਨਾਂ ਤੋਂ ਅੱਲਾਹ ਨੂੰ ਰਾਜ਼ੀ ਕਰਨ (ਲਈ ਮੁਆਫ਼ੀ) ਦੀ ਮੰਗ ਕੀਤੀ ਜਾਵੇਗੀ।[1]

ذَٰلِكُم بِأَنَّكُمُ اتَّخَذْتُمْ آيَاتِ اللَّهِ هُزُوًا
وَغَرَّتْكُمُ الْحَيَاةُ الدُّنْيَا ۚ فَالْيَوْمَ
لَا يُخْرَجُونَ مِنْهَا وَلَا هُمْ يُسْتَعْتَبُونَ ٣٥

36 ਸੋ ਸਾਰੀਆਂ ਤਾਰੀਫ਼ਾਂ ਅੱਲਾਹ ਲਈ ਹੀ ਹਨ ਜਿਹੜਾ ਅਕਾਸ਼ਾਂ ਤੇ ਧਰਤੀ ਦਾ ਰੱਬ ਹੈ ਅਤੇ ਕੁੱਲ ਜਹਾਨਾਂ ਦਾ ਪਾਲਣਹਾਰ ਹੈ।

فَلِلَّهِ الْحَمْدُ رَبِّ السَّمَاوَاتِ وَرَبِّ الْأَرْضِ
رَبِّ الْعَالَمِينَ ٣٦

37 ਅਕਾਸ਼ਾਂ ਤੇ ਧਰਤੀ ਵਿਚ ਉਸੇ ਦੀ ਵਡਿਆਈ ਹੈ, ਉਹੀ ਵੱਡਾ ਜ਼ੋਰਾਵਰ ਅਤੇ ਯੁਕਤੀਮਾਨ ਹੈ।

وَلَهُ الْكِبْرِيَاءُ فِي السَّمَاوَاتِ وَالْأَرْضِ ۖ
وَهُوَ الْعَزِيزُ الْحَكِيمُ ٣٧

---

[1] ਇਸ ਤੋਂ ਭਾਵ ਹੈ ਕਿ ਮਨੁੱਖ ਨੇ ਦੁਨਿਆਂ ਵਿਚ ਜੋ ਵੀ ਕਰਮ ਕੀਤੇ ਹੋਣਗੇ ਉਹਨਾਂ ਅਨੁਸਾਰ ਹੀ ਉਨ੍ਹਾਂ ਨੂੰ ਬਦਲਾ ਦਿੱਤਾ ਜਾਵੇਗਾ ਕਿਸੇ ਵੀ ਤਰ੍ਹਾਂ ਦੇ ਬਹਾਨੇ ਤੋਂ ਕੰਮ ਨਹੀਂ ਚੱਲੇਗਾ। ਕੇਵਲ ਉਸ ਦਾ ਕਰਮ ਹੀ ਉਸ ਦੇ ਨਾਲ ਜਾਵੇਗਾ। ਬਾਕੀ ਸਭ ਕੁਝ ਇਸੇ ਸੰਸਾਰ ਵਿਚ ਰਹਿ ਜਾਵੇਗਾ। ਇਕ ਹਦੀਸ ਵਿਚ ਅੱਲਾਹ ਦੇ ਨਬੀ ਨੇ ਫ਼ਰਮਾਇਆ ਕਿ ਮੌਯਤ ਦੇ ਨਾਲ ਤਿੰਨ ਚੀਜ਼ਾਂ ਜਾਂਦੀਆਂ ਹਨ, ਉਨ੍ਹਾਂ ਵਿੱਚੋਂ ਦੋ ਮੁੜ ਆਉਂਦੀਆਂ ਹਨ ਇਕ ਉਸ ਦੇ ਨਾਲ ਰਹਿ ਜਾਂਦੀ ਹੈ। ਇਸ ਦੇ ਪਿੱਛੇ ਉਸ ਦੇ ਘਰ ਵਾਲੇ ਅਤੇ ਧੰਨ ਪਦਾਰਥ ਅਤੇ ਉਸ ਦੇ ਕਰਮ ਜਾਂਦੇ ਹਨ। ਫੇਰ ਘਰ ਵਾਲੇ ਤੇ ਧੰਨ ਪਦਾਰਥ ਤਾਂ ਮੁੜ ਆਉਂਦੇ ਹਨ ਜਦ ਕਿ ਕਰਮ ਉਸ ਦੇ ਨਾਲ ਰਹਿ ਜਾਂਦੇ ਹਨ। (ਸਹੀ ਬੁਖ਼ਾਰੀ, ਹਦੀਸ 6514)

46. ਸੂਰਤ ਅਲ-ਅਹਕਾਫ਼ (ਮੱਕੀ-66)

(ਆਇਤਾਂ 35, ਰੁਕੂਅ 4)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

1. ਹਾ, ਮੀਮ।

2. ਇਸ ਕਿਤਾਬ (ਕੁਰਆਨ) ਨੂੰ ਉਤਾਰਨਾ ਉਸ ਅੱਲਾਹ ਵੱਲੋਂ ਹੈ ਜਿਹੜਾ ਵੱਡਾ ਜ਼ੋਰਾਵਰ ਅਤੇ ਹਿਕਮਤ ਵਾਲਾ (ਯੁਕਤੀਮਾਨ) ਹੈ।

3. ਅਸੀਂ ਅਕਾਸ਼ਾਂ ਤੇ ਧਰਤੀ ਅਤੇ ਜੋ ਇਹਨਾਂ ਦੋਹਾਂ ਦੇ ਵਿਚਾਲੇ ਹੈ (ਉਸ ਨੂੰ) ਹੱਕ 'ਤੇ ਆਧਾਰਿਤ ਅਤੇ ਇਕ ਨਿਸ਼ਚਿਤ ਸਮੇਂ ਲਈ ਪੈਦਾ ਕੀਤਾ ਹੈ। ਜਿਹੜੇ ਲੋਕਾਂ ਨੇ (ਰੱਬੀ ਨਿਸ਼ਾਨੀਆਂ) ਦਾ ਇਨਕਾਰ ਕੀਤਾ ਹੈ, ਉਹ ਉਹਨਾਂ ਚੀਜ਼ਾਂ ਤੋਂ ਮੂੰਹ ਮੋੜੀ ਬੈਠੇ ਹਨ, ਜਿਨ੍ਹਾਂ ਤੋਂ ਇਨ੍ਹਾਂ ਨੂੰ ਡਰਾਇਆ ਗਿਆ ਹੈ।

4. (ਹੇ ਨਬੀ!) ਤੁਸੀਂ ਆਖ ਦਿਓ! ਚੰਗਾ ਇਹ ਦੱਸੋ ਕਿ ਜਿਨ੍ਹਾਂ (ਇਸ਼ਟਾਂ) ਨੂੰ ਤੁਸੀਂ ਅੱਲਾਹ ਨੂੰ ਛੱਡ ਕੇ ਪੁਕਾਰਦੇ ਹੋ, ਮੈਨੂੰ ਵਿਖਾਓ ਕਿ ਉਹਨਾਂ ਨੇ ਧਰਤੀ ਵਿਚ ਕੀ ਪੈਦਾ ਕੀਤਾ ਹੈ? ਜਾਂ ਉਹਨਾਂ ਦਾ ਅਕਾਸ਼ (ਦੇ ਬਣਾਉਣ) ਵਿਚ ਕੋਈ ਹਿੱਸਾ ਹੈ? ਜੇ ਤੁਸੀਂ ਸੱਚੇ ਹੋ ਤਾਂ ਇਸ (ਕੁਰਆਨ) ਤੋਂ ਪਹਿਲਾਂ ਆਈ ਹੋਈ ਕੋਈ ਕਿਤਾਬ ਜਾਂ ਕੋਈ ਗਿਆਨ ਦੀ ਰਹਿੰਦ-ਖੂੰਹਦ ਹੈ ਤਾਂ ਉਹ ਮੇਰੇ ਕੋਲ ਲੈ ਆਓ।

5. ਉਸ ਤੋਂ ਵੱਧ ਗੁਮਰਾਹ ਕੌਣ ਹੋ ਸਕਦਾ ਹੈ, ਜਿਹੜਾ ਅੱਲਾਹ ਤੋਂ ਛੁੱਟ ਉਸ ਨੂੰ ਪੁਕਾਰਦਾ ਹੈ, ਜਿਹੜਾ ਕਿਆਮਤ ਤਕ ਉਹਨਾਂ ਨੂੰ ਉੱਤਰ ਨਹੀਂ ਦੇ ਸਕਦਾ? ਜਦ ਕਿ ਉਹ ਉਹਨਾਂ ਦੀ ਪੁਕਾਰ ਤੋਂ ਹੀ ਬੇਸੁਰਤ ਹਨ।[1]

سُوْرَةُ الْاَحْقَافِ

بِسْمِ اللّٰهِ الرَّحْمٰنِ الرَّحِيْمِ

حٰمٓ ۚ ۱

تَنْزِيْلُ الْكِتٰبِ مِنَ اللّٰهِ الْعَزِيْزِ الْحَكِيْمِ ۲

مَا خَلَقْنَا السَّمٰوٰتِ وَالْاَرْضَ وَمَا بَيْنَهُمَآ اِلَّا
بِالْحَقِّ وَاَجَلٍ مُّسَمًّى ۗ وَالَّذِيْنَ كَفَرُوْا عَمَّآ
اُنْذِرُوْا مُعْرِضُوْنَ ۳

قُلْ اَرَءَيْتُمْ مَّا تَدْعُوْنَ مِنْ دُوْنِ اللّٰهِ اَرُوْنِيْ
مَاذَا خَلَقُوْا مِنَ الْاَرْضِ اَمْ لَهُمْ شِرْكٌ فِى السَّمٰوٰتِ ۭ
اِيْتُوْنِيْ بِكِتٰبٍ مِّنْ قَبْلِ هٰذَآ اَوْ اَثٰرَةٍ مِّنْ عِلْمٍ
اِنْ كُنْتُمْ صٰدِقِيْنَ ۴

وَمَنْ اَضَلُّ مِمَّنْ يَّدْعُوْا مِنْ دُوْنِ اللّٰهِ مَنْ
لَّا يَسْتَجِيْبُ لَهٗٓ اِلٰى يَوْمِ الْقِيٰمَةِ وَهُمْ عَنْ
دُعَاۗىِٕهِمْ غٰفِلُوْنَ ۵

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 165/2

6. ਜਦੋਂ ਲੋਕੀ ਇਕੱਠੇ ਕੀਤੇ ਜਾਣਗੇ ਤਾਂ ਉਹ (ਘੜ੍ਹੇ ਹੋਏ ਇਸ਼ਟ) ਉਹਨਾਂ ਦੇ ਵੈਰੀ ਹੋਣਗੇ। ਉਹ (ਇਸ਼ਟ) ਉਹਨਾਂ ਦੀ ਪੂਜਾ ਪਾਠ ਦੇ ਇਨਕਾਰੀ ਹੋਣਗੇ।

وَإِذَا حُشِرَ النَّاسُ كَانُوا لَهُمْ أَعْدَاءً وَكَانُوا
بِعِبَادَتِهِمْ كَافِرِينَ ﴿٦﴾

7. ਜਦੋਂ ਉਹਨਾਂ (ਇਨਕਾਰੀਆਂ) ਨੂੰ ਸਾਡੀਆਂ ਸਪਸ਼ਟ ਆਇਤਾਂ ਸੁਣਾਈਆਂ ਜਾਂਦੀਆਂ ਹਨ ਤਾਂ ਕਾਫ਼ਿਰ ਲੋਕ ਇਸ ਹੱਕ (.ਕੁਰਆਨ) ਦੇ ਸੰਬੰਧ ਵਿਚ ਆਖਦੇ ਹਨ ਕਿ ਇਹ ਤਾਂ ਖੁੱਲ੍ਹਾ ਜਾਦੂ ਹੈ, ਜਦ ਕਿ ਇਹ ਉਹਨਾਂ ਕੋਲ ਆ ਚੁੱਕਿਆ ਹੈ।

وَإِذَا تُتْلَىٰ عَلَيْهِمْ آيَاتُنَا بَيِّنَاتٍ قَالَ الَّذِينَ
كَفَرُوا لِلْحَقِّ لَمَّا جَاءَهُمْ هَٰذَا سِحْرٌ مُبِينٌ ﴿٧﴾

8. ਕੀ ਉਹ ਤਾਂ ਇਹ ਵੀ ਆਖਦੇ ਹਨ ਕਿ ਉਸ (ਮੁਹੰਮਦ ਸ:) ਨੇ ਇਸ (.ਕੁਰਆਨ) ਨੂੰ ਆਪੇ ਘੜ੍ਹ ਲਿਆ ਹੈ। (ਹੇ ਨਬੀ!) ਤੁਸੀਂ ਆਖ ਦਿਓ! ਜੇ ਮੈਂਨੇ ਇਹ ਆਪੇ ਘੜ੍ਹਿਆ ਹੈ ਤਾਂ ਮੈਨੂੰ ਅੱਲਾਹ ਦੇ ਅਜ਼ਾਬ ਤੋਂ ਬਚਾਉਣਾ ਤੁਹਾਡੇ ਵੱਸ ਵਿਚ ਨਹੀਂ। ਉਹ ਉਹਨਾਂ ਗੱਲਾਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ ਜੋ ਤੁਸੀਂ ਇਸ (.ਕੁਰਆਨ) ਦੇ ਸੰਬੰਧ ਵਿਚ ਬਣਾਉਂਦੇ ਹੋ। ਮੇਰੇ ਤੇ ਤੁਹਾਡੇ ਵਿਚਕਾਰ ਉਸੇ ਦੀ ਗਵਾਹੀ ਕਾਫ਼ੀ ਹੈ। ਉਹ ਅਤਿ ਬਖ਼ਸ਼ਣਹਾਰ ਤੇ ਅਤਿ ਰਹਿਮ ਵਾਲਾ ਹੈ।

أَمْ يَقُولُونَ افْتَرَاهُ ۖ قُلْ إِنِ افْتَرَيْتُهُ
فَلَا تَمْلِكُونَ لِي مِنَ اللَّهِ شَيْئًا ۖ هُوَ أَعْلَمُ
بِمَا تُفِيضُونَ فِيهِ ۖ كَفَىٰ بِهِ شَهِيدًا بَيْنِي
وَبَيْنَكُمْ ۖ وَهُوَ الْغَفُورُ الرَّحِيمُ ﴿٨﴾

9. (ਹੇ ਨਬੀ!) ਇਹ ਵੀ ਆਖ ਦਿਓ! ਮੈਂ ਰਸੂਲਾਂ ਵਿਚ ਕੋਈ ਨਿਆਰਾ ਰਸੂਲ ਨਹੀਂ। ਮੈਂ ਨਹੀਂ ਜਾਣਦਾ ਕਿ ਮੇਰੇ ਨਾਲ ਤੇ ਤੁਹਾਡੇ ਨਾਲ ਕੀ ਵਾਪਰੇਗਾ। ਮੈਂ ਤਾਂ ਬਸ ਉਸੇ ਦੀ ਪੈਰਵੀ ਕਰਦਾ ਹਾਂ, ਜਿਹੜੀ ਵਹੀ (ਰੱਬੀ ਸੁਨੇਹਾ) ਮੇਰੇ ਵੱਲ ਭੇਜੀ ਜਾਂਦੀ ਹੈ। ਮੈਂ ਤਾਂ ਕੇਵਲ ਸਾਵਧਾਨ ਕਰਨ ਵਾਲਾ ਹਾਂ।

قُلْ مَا كُنْتُ بِدْعًا مِنَ الرُّسُلِ وَمَا أَدْرِي مَا
يُفْعَلُ بِي وَلَا بِكُمْ ۖ إِنْ أَتَّبِعُ إِلَّا مَا يُوحَىٰ إِلَيَّ
وَمَا أَنَا إِلَّا نَذِيرٌ مُبِينٌ ﴿٩﴾

10. (ਹੇ ਨਬੀ!) ਜ਼ਰਾ ਇਹ ਵੀ ਪੁੱਛੋ ਕਿ ਜੇ ਇਹ .ਕੁਰਆਨ ਅੱਲਾਹ ਵੱਲੋਂ ਹੋਵੇ ਅਤੇ ਤੁਸੀਂ ਇਸ ਦਾ ਇਨਕਾਰ ਕਰ ਦਿੱਤਾ ਤਾਂ ਤੁਹਾਡਾ ਕੀ ਬਣੇਗਾ? ਬਨੀ-ਇਸਰਾਈਲ ਦਾ ਇਕ ਵਿਅਕਤੀ ਇਹੋ ਜਿਹੇ (ਕਿਤਾਬ ਉੱਤਰਨ ਦੀ) ਗਵਾਹੀ ਦੇ ਚੁੱਕਿਆ ਹੈ, ਉਹ ਈਮਾਨ ਲੈ ਆਇਆ, ਪਰ ਤੁਸੀਂ ਘਮੰਡ ਕੀਤਾ। ਬੇਸ਼ੱਕ ਅੱਲਾਹ ਜ਼ਾਲਮਾਂ ਨੂੰ ਹਿਦਾਇਤ ਨਹੀਂ ਦਿੰਦਾ।[1]

قُلْ أَرَأَيْتُمْ إِنْ كَانَ مِنْ عِنْدِ اللَّهِ وَكَفَرْتُمْ
بِهِ وَشَهِدَ شَاهِدٌ مِنْ بَنِي إِسْرَائِيلَ عَلَىٰ
مِثْلِهِ فَآمَنَ وَاسْتَكْبَرْتُمْ ۖ إِنَّ اللَّهَ لَا يَهْدِي
الْقَوْمَ الظَّالِمِينَ ﴿١٠﴾

---

[1] ਵੇਖੋ ਸੂਰਤ ਅਲ ਮਾਇਦਾ, ਹਾਸ਼ੀਆ ਆਇਤ 66/5

11. ਕੁਫ਼ਰ ਕਰਨ ਵਾਲਿਆਂ ਨੇ ਈਮਾਨ ਲਿਆਉਣ ਵਾਲਿਆਂ ਨੂੰ ਆਖਿਆ, ਜੇ ਇਹ (ਧਰਮ) ਚੰਗਾ ਹੁੰਦਾ ਤਾਂ ਦੂਜੇ ਲੋਕ ਉਸ ਨੂੰ ਕਬੂਲ ਕਰਨ ਵਿਚ ਸਾਥੋਂ ਅੱਗੇ ਨਾ ਲੰਘਦੇ। ਜਦੋਂ ਉਹਨਾਂ ਨੇ ਇਸ (ਕੁਰਆਨ) ਤੋਂ ਹਿਦਾਇਤ ਪ੍ਰਾਪਤ ਕੀਤੀ ਹੀ ਨਹੀਂ ਫੇਰ ਉਹ ਤਾਂ ਹੁਣ ਇਹੋ ਕਹਿਣਗੇ ਕਿ ਇਹ ਤਾਂ ਪੁਰਾਣਾ ਝੂਠ ਹੈ।

وَقَالَ الَّذِينَ كَفَرُوا لِلَّذِينَ آمَنُوا لَوْ كَانَ
خَيْرًا مَا سَبَقُونَا إِلَيْهِ ۚ وَإِذْ لَمْ يَهْتَدُوا بِهِ
فَسَيَقُولُونَ هَٰذَا إِفْكٌ قَدِيمٌ (١١)

12 ਇਸ (ਕੁਰਆਨ) ਤੋਂ ਪਹਿਲਾਂ ਮੂਸਾ ਦੀ ਕਿਤਾਬ (ਤੌਰੈਤ) ਅਗਵਾਈ ਕਰਨ ਵਾਲੀ ਅਤੇ ਰਹਿਮਤ ਸੀ ਅਤੇ ਹੁਣ ਇਹ (ਕੁਰਆਨ) ਅਰਬੀ ਭਾਸ਼ਾ ਵਿਚ ਉਸ (ਤੌਰੈਤ) ਦੀ ਪੁਸ਼ਟੀ ਕਰਨ ਵਾਲੀ ਕਿਤਾਬ ਹੈ, ਤਾਂ ਜੋ ਉਹ ਉਹਨਾਂ ਲੋਕਾਂ ਨੂੰ (ਨਰਕ ਤੋਂ) ਡਰਾਵੇ, ਜਿਨ੍ਹਾਂ ਨੇ ਜ਼ੁਲਮ ਕੀਤਾ ਹੈ ਅਤੇ ਨੇਕੀਆਂ ਕਰਨ ਵਾਲਿਆਂ ਲਈ ਇਸ ਵਿਚ ਖ਼ੁਸ਼ਖ਼ਬਰੀਆਂ ਹਨ।

وَمِن قَبْلِهِ كِتَابُ مُوسَىٰ إِمَامًا وَرَحْمَةً ۚ وَهَٰذَا
كِتَابٌ مُّصَدِّقٌ لِّسَانًا عَرَبِيًّا لِّيُنذِرَ الَّذِينَ
ظَلَمُوا وَبُشْرَىٰ لِلْمُحْسِنِينَ (١٢)

13. ਬੇਸ਼ੱਕ ਜਿਨ੍ਹਾਂ ਲੋਕਾਂ ਨੇ ਇਹ ਕਿਹਾ ਕਿ ਸਾਡਾ ਰੱਬ ਤਾਂ ਅੱਲਾਹ ਹੈ ਫੇਰ ਇਸੇ 'ਤੇ ਕਾਇਮ ਰਹੇ, ਉਹਨਾਂ ਲਈ (ਕਿਆਮਤ ਦਿਹਾੜੇ) ਨਾ ਕੋਈ ਡਰ-ਸੋਗ ਹੈ ਤੇ ਨਾ ਹੀ ਉਹ (ਕਿਆਮਤ ਦਿਹਾੜੇ) ਦੁਖੀ ਹੋਣਗੇ।

إِنَّ الَّذِينَ قَالُوا رَبُّنَا اللَّهُ ثُمَّ اسْتَقَامُوا
فَلَا خَوْفٌ عَلَيْهِمْ وَلَا هُمْ يَحْزَنُونَ (١٣)

14. ਇਹੋ ਲੋਕ ਜੰਨਤੀ ਹਨ, ਉਹ ਸਦਾ ਲਈ ਇਸ ਵਿਚ ਰਹਿਣਗੇ। ਇਹ ਉਹਨਾਂ ਦੇ (ਨੇਕ) ਅਮਲਾਂ ਦਾ ਬਦਲਾ ਹੈ ਜਿਹੜੇ ਉਹ (ਸੰਸਾਰ ਵਿਚ) ਕਰਿਆ ਕਰਦੇ ਸਨ।

أُولَٰئِكَ أَصْحَابُ الْجَنَّةِ خَالِدِينَ فِيهَا
جَزَاءً بِمَا كَانُوا يَعْمَلُونَ (١٤)

15. ਅਸਾਂ ਮਨੁੱਖ ਨੂੰ ਉਸ ਦੇ ਮਾਪਿਆਂ ਨਾਲ ਸੋਹਣਾ ਵਿਹਾਰ ਕਰਨ ਦਾ ਆਦੇਸ਼ ਦਿੱਤਾ ਉਸ ਦੀ ਮਾਤਾ ਨੇ ਉਸ ਨੂੰ ਕਸ਼ਟਾਂ ਨਾਲ ਢਿੱਡ ਵਿਚ ਰੱਖਿਆ ਤੇ ਕਸ਼ਟ ਸਹਿ ਕੇ ਹੀ ਜਣਿਆ। ਉਸ ਦੇ ਗਰਭ ਅਤੇ ਦੁੱਧ ਛੁਡਾਉਣ ਵਿਚ ਤੀਹ ਮਹੀਨਿਆਂ ਦਾ ਸਮਾਂ ਹੈ। ਇੱਥੋਂ ਤਕ ਕਿ ਜਦੋਂ ਉਹ ਆਪਣੀ ਪੂਰੀ ਜਵਾਨੀ ਨੂੰ ਪੁੱਜਿਆ ਅਤੇ ਚਾਲੀ ਵਰ੍ਹਿਆਂ ਦਾ ਹੋ ਗਿਆ ਤਾਂ ਉਸ ਨੇ ਦੁਆ ਕੀਤੀ ਕਿ ਰੱਬਾ! ਮੈਨੂੰ ਬਲ ਬਖ਼ਸ਼ ਕਿ ਮੈਂ

وَوَصَّيْنَا الْإِنسَانَ بِوَالِدَيْهِ إِحْسَانًا ۖ حَمَلَتْهُ
أُمُّهُ كُرْهًا وَوَضَعَتْهُ كُرْهًا ۖ وَحَمْلُهُ وَفِصَالُهُ
ثَلَاثُونَ شَهْرًا ۚ حَتَّىٰ إِذَا بَلَغَ أَشُدَّهُ وَبَلَغَ
أَرْبَعِينَ سَنَةً قَالَ رَبِّ أَوْزِعْنِي أَنْ أَشْكُرَ
نِعْمَتَكَ الَّتِي أَنْعَمْتَ عَلَيَّ وَعَلَىٰ وَالِدَيَّ وَأَنْ
أَعْمَلَ صَالِحًا تَرْضَاهُ وَأَصْلِحْ لِي فِي ذُرِّيَّتِي ۖ
إِنِّي تُبْتُ إِلَيْكَ وَإِنِّي مِنَ الْمُسْلِمِينَ (١٥)

ਤੇਰੀ ਉਸ ਨਿਆਮਤਾਂ ਦਾ ਧੰਨਵਾਦ ਕਰਾਂ ਜੋ ਤੂੰ ਮੈਨੂੰ ਤੇ ਮੇਰੇ ਮਾਪਿਆਂ ਨੂੰ ਬਖ਼ਸ਼ੀਆਂ ਹਨ। ਮੇਰੇ ਰੱਬਾ! ਮੈਨੂੰ ਹਿੰਮਤ ਦੇ ਕਿ ਮੈਂ ਉਹ ਨੇਕ ਕੰਮ ਕਰਾਂ ਜਿਸ ਨੂੰ ਤੂੰ ਪਸੰਦ ਕਰੇਂ। ਤੂੰ ਮੇਰੇ ਲਈ ਮੇਰੀ ਸੰਤਾਨ ਦਾ ਸੁਧਾਰ ਕਰ। ਬੇਸ਼ੱਕ ਮੈਂਨੇ ਤੇਰੇ ਹਜ਼ੂਰ ਤੌਬਾ ਕੀਤੀ ਹੈ ਅਤੇ ਮੈਂ ਮੁਸਲਮਾਨਾਂ (ਆਗਿਆਕਾਰੀਆਂ) ਵਿੱਚੋਂ ਹਾਂ।

16 ਇਹ ਉਹ ਲੋਕ ਹਨ ਜਿਨ੍ਹਾਂ ਦੇ ਨੇਕ ਅਮਲਾਂ ਨੂੰ, ਜਿਹੜੇ ਉਹ ਕਰਦੇ ਹਨ, ਅਸੀਂ ਕਬੂਲ ਕਰਦੇ ਹਾਂ ਅਤੇ ਉਹਨਾਂ ਦੀਆਂ ਬੁਰਾਈਆਂ ਨੂੰ ਮੁਆਫ਼ ਕਰਦੇ ਹਾਂ, ਇਹ ਜੰਨਤੀਆਂ ਵਿੱਚੋਂ ਹੋਣਗੇ। ਇਹ ਸੱਚਾ ਵਾਅਦਾ ਹੈ ਜਿਹੜਾ ਉਹਨਾਂ ਨਾਲ (ਰੱਬ ਵੱਲੋਂ) ਕੀਤਾ ਜਾ ਰਿਹਾ ਹੈ।

أُولَٰئِكَ الَّذِينَ نَتَقَبَّلُ عَنْهُمْ أَحْسَنَ مَا عَمِلُوا
وَنَتَجَاوَزُ عَنْ سَيِّئَاتِهِمْ فِي أَصْحَابِ الْجَنَّةِ ۖ وَعْدَ
الصِّدْقِ الَّذِي كَانُوا يُوعَدُونَ ﴿١٦﴾

17. ਅਤੇ ਜਿਸ ਕਿਸੇ ਨੇ ਆਪਣੇ ਮਾਪਿਆਂ ਨੂੰ ਆਖਿਆ, ਅਫ਼ਸੋਸ ਹੈ! ਤੁਹਾਡੇ ਦੋਵਾਂ (ਦੀ ਸੋਚ) 'ਤੇ, ਕੀ ਤੁਸੀਂ ਦੋਵੇਂ ਮੈਨੂੰ ਇਹ ਵਚਨ ਦਿੰਦੇ ਹੋ ਕਿ ਮੈਨੂੰ (ਕਬਰ) ਵਿੱਚੋਂ (ਜਿਉਂਦਾ) ਕੱਢਿਆ ਜਾਵੇਗਾ, ਜਦ ਕਿ ਮੈਥੋਂ ਪਹਿਲਾਂ ਬਹੁਤ ਸਾਰੀਆਂ ਉੱਮਤਾਂ ਬੀਤ ਚੁੱਕੀਆਂ ਹਨ? ਜਦ ਕਿ ਉਹ ਦੋਵੇਂ (ਮਾਂ ਤੇ ਪਿਓ ਪੁੱਤਰ ਲਈ) ਅੱਲਾਹ ਤੋਂ ਅਰਦਾਸ ਕਰਦੇ ਹਨ, (ਤੇ ਆਖਦੇ ਹਨ ਕਿ) ਪੁੱਤਰ ਈਮਾਨ ਲੈ ਆ, ਨਹੀਂ ਤਾਂ ਤੂੰ ਬਰਬਾਦ ਹੋ ਜਾਵੇਂਗਾ। ਬੇਸ਼ੱਕ ਅੱਲਾਹ ਦਾ ਵਾਅਦਾ (ਕਿਆਮਤ ਆਉਣ ਦਾ) ਸੱਚਾ ਹੈ। ਪਰ ਉਹ (ਪੁੱਤਰ) ਆਖਦਾ ਹੈ ਕਿ ਇਹ ਸਭ ਬੀਤੇ ਸਮੇਂ ਦੀਆਂ ਕਹਾਣੀਆਂ ਹਨ।

وَالَّذِي قَالَ لِوَالِدَيْهِ أُفٍّ لَكُمَا أَتَعِدَانِنِي
أَنْ أُخْرَجَ وَقَدْ خَلَتِ الْقُرُونُ مِنْ قَبْلِي وَهُمَا
يَسْتَغِيثَانِ اللَّهَ وَيْلَكَ آمِنْ إِنَّ وَعْدَ اللَّهِ حَقٌّ
فَيَقُولُ مَا هَٰذَا إِلَّا أَسَاطِيرُ الْأَوَّلِينَ ﴿١٧﴾

18. ਇਹ ਉਹ ਲੋਕ ਹਨ ਜਿਨ੍ਹਾਂ ਉੱਤੇ ਅੱਲਾਹ ਵੱਲੋਂ ਅਜ਼ਾਬ ਆਉਣ ਦੀ ਗੱਲ ਠੀਕ ਬੈਠ ਚੁੱਕੀ ਹੈ (ਅਤੇ ਉਹਨਾਂ ਉੱਤੇ ਵੀ ਜਿਹੜੇ) ਜਿਨਾਂ ਤੇ ਮਨੁੱਖਾਂ ਦੇ ਟੋਲੇ ਇਹਨਾਂ ਤੋਂ ਪਹਿਲਾਂ ਬੀਤ ਚੁੱਕੇ ਹਨ। ਬੇਸ਼ੱਕ ਉਹ ਘਾਟੇ ਪਾਉਣ ਵਾਲੇ ਲੋਕ ਸਨ।

أُولَٰئِكَ الَّذِينَ حَقَّ عَلَيْهِمُ الْقَوْلُ فِي أُمَمٍ
قَدْ خَلَتْ مِنْ قَبْلِهِمْ مِنَ الْجِنِّ وَالْإِنْسِ ۖ
إِنَّهُمْ كَانُوا خَاسِرِينَ ﴿١٨﴾

19. ਹਰੇਕ ਲਈ ਉਸ ਦੇ ਕਰਮਾਂ ਅਨੁਸਾਰ ਦਰਜੇ ਹਨ, ਤਾਂ ਜੋ ਅੱਲਾਹ ਉਹਨਾਂ ਦੇ ਕਰਮਾਂ ਦਾ ਪੂਰਾ-ਪੂਰਾ ਬਦਲਾ ਦੇਵੇ। ਉਹਨਾਂ ਨਾਲ ਕਿਸੇ ਤਰ੍ਹਾਂ ਦੀ ਵਧੀਕੀ ਨਹੀਂ ਕੀਤੀ ਜਾਵੇਗੀ।

وَلِكُلٍّ دَرَجٰتٌ مِّمَّا عَمِلُوْا ۚ وَلِيُوَفِّيَهُمْ اَعْمَالَهُمْ
وَهُمْ لَا يُظْلَمُوْنَ ١٩

20. ਜਿਸ ਦਿਨ ਕਾਫ਼ਿਰਾਂ ਨੂੰ ਅੱਗ ਦੇ ਸਾਮ੍ਹਣੇ ਪੇਸ਼ ਕੀਤਾ ਜਾਵੇਗਾ ਤਾਂ ਉਹਨਾਂ ਨੂੰ ਆਖਿਆ ਜਾਵੇਗਾ ਕਿ ਤੁਸੀਂ ਤਾਂ ਸੰਸਾਰਿਕ ਜੀਵਨ ਵਿਚ ਹੀ ਆਪਣੇ ਹਿੱਸੇ ਦੀਆਂ ਨਿਅਮਤਾਂ ਦਾ ਪੂਰਾ-ਪੂਰਾ ਸੁਆਦ ਲੈ ਲਿਆ ਅਤੇ ਤੁਸੀਂ ਉਹਨਾਂ ਤੋਂ ਪੂਰਾ ਲਾਭ ਵੀ ਉਠਾਇਆ, ਸੋ ਅੱਜ (ਕਿਆਮਤ ਦਿਹਾੜੇ) ਤੁਹਾਨੂੰ ਹੀਣਤਾ ਭਰਿਆ ਅਜ਼ਾਬ ਦਿੱਤਾ ਜਾਵੇਗਾ। ਇਸ ਲਈ ਕਿ ਤੁਸੀਂ ਧਰਤੀ ਉੱਤੇ ਅਣ ਹੱਕਾ ਹੰਕਾਰ ਕਰਦੇ ਰਹੇ ਅਤੇ ਇਸ ਲਈ ਵੀ ਕਿ ਤੁਸੀਂ ਨਾ-ਫ਼ਰਮਾਨੀਆਂ ਕਰਦੇ ਰਹੇ।

وَيَوْمَ يُعْرَضُ الَّذِيْنَ كَفَرُوْا عَلَى النَّارِ ۭ اَذْهَبْتُمْ
طَيِّبٰتِكُمْ فِيْ حَيَاتِكُمُ الدُّنْيَا وَاسْتَمْتَعْتُمْ بِهَا ۚ
فَالْيَوْمَ تُجْزَوْنَ عَذَابَ الْهُوْنِ بِمَا كُنْتُمْ
تَسْتَكْبِرُوْنَ فِي الْاَرْضِ بِغَيْرِ الْحَقِّ وَبِمَا كُنْتُمْ
تَفْسُقُوْنَ ٢٠

21. (ਹੇ ਨਬੀ!) ਰਤਾ ਆਦ ਦੇ ਭਰਾ (ਹੂਦ) ਨੂੰ ਯਾਦ ਕਰੋ ਜਦੋਂ ਉਸ ਨੇ ਅਹਕਾਫ਼ (ਧਾਮਨ) ਵਿਖੇ ਆਪਣੀ ਕੌਮ ਨੂੰ (ਰੱਬੀ ਅਜ਼ਾਬ ਤੋਂ) ਡਰਾਇਆ ਸੀ। ਬੇਸ਼ੱਕ ਇਸ (ਹੂਦ) ਤੋਂ ਪਹਿਲਾਂ ਵੀ ਕਿੰਨੇ ਹੀ ਡਰਾਉਣ ਵਾਲੇ (ਰਸੂਲ) ਬੀਤ ਚੁੱਕੇ ਅਤੇ ਇਸ ਤੋਂ ਮਗਰੋਂ ਵੀ ਹੋ ਚੁੱਕੇ ਹਨ। (ਹਰੇਕ ਨੇ ਇਹੋ ਆਖਿਆ ਕਿ) ਤੁਸੀਂ ਅੱਲਾਹ ਤੋਂ ਛੁੱਟ ਕਿਸੇ ਹੋਰ ਦੀ ਬੰਦਗੀ ਨਾ ਕਰੋ। ਬੇਸ਼ੱਕ ਮੈਂ ਤੁਹਾਡੇ ਬਾਰੇ ਇਕ ਵੱਡੇ ਦਿਹਾੜੇ (ਕਿਆਮਤ) ਦੇ ਅਜ਼ਾਬ ਤੋਂ ਡਰਦਾ ਹਾਂ।

وَاذْكُرْ اَخَا عَادٍ ۭ اِذْ اَنْذَرَ قَوْمَهٗ بِالْاَحْقَافِ
وَقَدْ خَلَتِ النُّذُرُ مِنْۢ بَيْنِ يَدَيْهِ وَمِنْ
خَلْفِهٖٓ اَلَّا تَعْبُدُوْٓا اِلَّا اللّٰهَ ۭ اِنِّىْٓ اَخَافُ عَلَيْكُمْ
عَذَابَ يَوْمٍ عَظِيْمٍ ٢١

22. ਉਹਨਾਂ (ਕੌਮ) ਨੇ ਆਖਿਆ, (ਹੇ ਹੂਦ!) ਕੀ ਤੂੰ ਸਾਡੇ ਕੋਲ ਇਸ ਲਈ ਆਇਆ ਹੈਂ ਕਿ ਤੂੰ ਸਾਨੂੰ ਸਾਡੇ ਇਸ਼ਟਾਂ (ਦੀ ਪੂਜਾ) ਤੋਂ ਫੇਰ ਦੇਵੇਂ? ਜੇ ਤੂੰ ਸੱਚਾ ਹੈ ਤਾਂ ਸਾਡੇ ਲਈ ਉਹ ਅਜ਼ਾਬ ਲੈ ਆ ਜਿਸ ਤੋਂ ਤੂੰ ਸਾਨੂੰ ਡਰਾਉਂਦਾ ਹੈ।

قَالُوْٓا اَجِئْتَنَا لِتَاْفِكَنَا عَنْ اٰلِهَتِنَا ۚ فَاْتِنَا بِمَا
تَعِدُنَآ اِنْ كُنْتَ مِنَ الصّٰدِقِيْنَ ٢٢

23. (ਹੂਦ ਨੇ) ਆਖਿਆ ਕਿ ਇਸ (ਅਜ਼ਾਬ) ਦੇ ਆਉਣ ਦਾ ਗਿਆਨ ਤਾਂ ਕੇਵਲ ਅੱਲਾਹ ਕੋਲ

قَالَ اِنَّمَا الْعِلْمُ عِنْدَ اللّٰهِ ۡ وَاُبَلِّغُكُمْ مَّآ
اُرْسِلْتُ بِهٖ وَلٰكِنِّيْٓ اَرٰىكُمْ قَوْمًا تَجْهَلُوْنَ ٢٣

ਹੀ ਹੈ, ਮੈਂ ਤਾਂ ਤੁਹਾਨੂੰ ਉਹ ਸੁਨੇਹਾ ਪਹੁੰਚਾ ਰਿਹਾ ਹਾਂ ਜਿਸ ਦੇ ਨਾਲ ਮੈਨੂੰ ਭੇਜਿਆ ਗਿਆ ਹੈ। ਪਰ ਮੈਂ ਤੁਹਾਨੂੰ ਅਜਿਹੇ ਲੋਕ ਵੇਖ ਰਿਹਾ ਹਾਂ ਜਿਹੜੇ ਅਗਿਆਨਤਾ ਤੋਂ ਕੰਮ ਲੈ ਰਹੇ ਹਨ।

24. ਫੇਰ ਜਦੋਂ ਉਹਨਾਂ (ਹੂਦ ਦੀ ਕੌਮ) ਨੇ ਉਸ (ਅਜ਼ਾਬ) ਨੂੰ ਵੇਖਿਆ ਕਿ ਉਹਨਾਂ ਦੀਆਂ ਘਾਟੀਆਂ ਵੱਲ ਇਕ ਬਦੱਲ ਤੁਰਿਆ ਆ ਰਿਹਾ ਹੈ ਤਾਂ ਉਹ ਆਖਣ ਲੱਗੇ ਕਿ ਇਹ ਬੱਦਲ ਤਾਂ ਸਾਡੇ 'ਤੇ ਮੀਂਹ ਵਰ੍ਹਾਉਣ ਵਾਲਾ ਹੈ। ਤਾਂ ਹੂਦ ਨੇ ਆਖਿਆ ਕਿ ਨਹੀਂ ਇਹ ਤਾਂ ਅਜ਼ਾਬ ਹੈ, ਜਿਸ ਲਈ ਤੁਸੀਂ ਕਾਹਲੀ ਕਰਦੇ ਸੀ। ਇਹ ਹਨੇਰੀ ਹੈ ਜਿਸ ਵਿਚ ਦੁਖਦਾਈ ਅਜ਼ਾਬ (ਲੁਕਿਆ ਹੋਇਆ) ਹੈ।

فَلَمَّا رَأَوْهُ عَارِضًا مُّسْتَقْبِلَ أَوْدِيَتِهِمْ قَالُوا هَٰذَا
عَارِضٌ مُّمْطِرُنَا ۚ بَلْ هُوَ مَا اسْتَعْجَلْتُم بِهِ ۖ رِيحٌ
فِيهَا عَذَابٌ أَلِيمٌ 24

25. ਉਹ (ਹਨੇਰੀ) ਆਪਣੇ ਰੱਬ ਦੇ ਹੁਕਮ ਨਾਲ ਹਰੇਕ ਚੀਜ਼ ਨੂੰ ਬਰਬਾਦ ਕਰ ਦੇਵੇਗੀ, ਫੇਰ ਉਹ ਇੰਜ ਹੋ ਗਏ ਕਿ ਉਹਨਾਂ ਦੇ ਘਰਾਂ ਤੋਂ ਛੁੱਟ ਉੱਥੇ ਕੁੱਝ ਵੀ ਨਹੀਂ ਸੀ ਵਿਸਦਾ। ਅਸਾਂ ਅਪਰਾਧੀਆਂ ਨੂੰ ਇਸੇ ਤਰ੍ਹਾਂ ਸਜ਼ਾ ਦਿਆ ਕਰਦੇ ਹਾਂ।

تُدَمِّرُ كُلَّ شَيْءٍ بِأَمْرِ رَبِّهَا فَأَصْبَحُوا لَا يُرَىٰ
إِلَّا مَسَاكِنُهُمْ ۚ كَذَٰلِكَ نَجْزِي الْقَوْمَ
الْمُجْرِمِينَ 25

26. ਅਸੀਂ ਆਦ ਕੌਮ ਨੂੰ ਉਹ ਕੁੱਝ ਦਿੱਤਾ ਸੀ ਜੋ ਤੁਹਾਨੂੰ ਨਹੀਂ ਬਖ਼ਸ਼ਿਆ। ਅਸਾਂ ਉਹਨਾਂ ਨੂੰ ਕੰਨ, ਅੱਖਾਂ ਤੇ ਦਿਲ ਦਿੱਤੇ, ਪਰ ਨਾ ਉਹਨਾਂ ਦੇ ਕੰਨਾਂ ਨੇ, ਨਾ ਉਹਨਾਂ ਦੀਆਂ ਅੱਖਾਂ ਨੇ ਅਤੇ ਨਾ ਹੀ ਉਹਨਾਂ ਦੇ ਦਿਲਾਂ (ਅਕਲਾਂ) ਨੇ ਉਹਨਾਂ ਨੂੰ ਕੋਈ ਲਾਭ ਦਿੱਤਾ, ਮਗਰੋਂ ਉਹ ਅੱਲਾਹ ਦੀਆਂ ਆਇਤਾਂ (ਨਿਸ਼ਾਨੀਆਂ) ਦਾ ਇਨਕਾਰ ਕਰਦੇ ਰਹੇ ਅਤੇ ਉਹਨਾਂ ਨੂੰ ਉਸ ਅਜ਼ਾਬ ਨੇ ਘੇਰ ਲਿਆ ਜਿਸ ਦਾ ਉਹ ਮਖੌਲ ਉਡਾਇਆ ਕਰਦੇ ਸਨ।

وَلَقَدْ مَكَّنَّاهُمْ فِيمَا إِن مَّكَّنَّاكُمْ فِيهِ وَجَعَلْنَا لَهُمْ
سَمْعًا وَأَبْصَارًا وَأَفْئِدَةً فَمَا أَغْنَىٰ عَنْهُمْ
سَمْعُهُمْ وَلَا أَبْصَارُهُمْ وَلَا أَفْئِدَتُهُم مِّن شَيْءٍ
إِذْ كَانُوا يَجْحَدُونَ بِآيَاتِ اللَّهِ وَحَاقَ بِهِم
مَّا كَانُوا بِهِ يَسْتَهْزِئُونَ ع 26

27. ਅਸਾਂ ਤੁਹਾਡੇ ਆਲੇ ਦੁਆਲੇ ਦੀਆਂ ਬਸਤੀਆਂ ਨਸ਼ਟ ਕਰ ਛੱਡੀਆਂ। ਅਸੀਂ ਆਪਣੀਆਂ ਆਇਤਾਂ ਨੂੰ ਤਰ੍ਹਾਂ-ਤਰ੍ਹਾਂ ਬਿਆਨ ਕੀਤਾ ਤਾਂ ਜੋ ਉਹ ਸਾਡੇ ਵੱਲ ਪਰਤ ਆਉਣ।

وَلَقَدْ أَهْلَكْنَا مَا حَوْلَكُم مِّنَ الْقُرَىٰ وَصَرَّفْنَا
الْآيَاتِ لَعَلَّهُمْ يَرْجِعُونَ 27

28. ਫੇਰ ਉਹਨਾਂ ਲੋਕਾਂ ਨੇ ਉਹਨਾਂ ਦੀ ਸਹਾਇਤਾ ਕਿਉਂ ਨਹੀਂ ਕੀਤੀ ਜਿਨ੍ਹਾਂ ਨੂੰ ਉਹਨਾਂ ਨੇ ਅੱਲਾਹ ਦੀ ਨੇੜਤਾ ਪ੍ਰਾਪਤ ਕਰਨ ਲਈ ਅੱਲਾਹ ਨੂੰ ਛੱਡ ਕੇ ਇਸ਼ਟ ਬਣਾ ਰੱਖਿਆ ਸੀ। ਸਗੋਂ ਉਹ ਇਸ਼ਟ ਤਾਂ ਉਹਨਾਂ ਕੋਲੋਂ ਗੁਆਚ ਗਏ ਇਹ ਸਭ ਉਹਨਾਂ ਦਾ ਝੂਠ ਤੇ ਉਹਨਾਂ ਦੀਆਂ ਘੜ੍ਹੀਆਂ ਹੋਈਆਂ ਗੱਲਾਂ ਸਨ।

فَلَوْلَا نَصَرَهُمُ الَّذِينَ اتَّخَذُوا مِن دُونِ اللَّهِ قُرْبَانًا آلِهَةً ۖ بَلْ ضَلُّوا عَنْهُمْ ۚ وَذَٰلِكَ إِفْكُهُمْ وَمَا كَانُوا يَفْتَرُونَ ﴿٢٨﴾

29 (ਹੇ ਨਬੀ! ਜ਼ਰਾ ਯਾਦ ਕਰੋ) ਜਦੋਂ ਅਸੀਂ ਜਿੰਨਾਂ ਦੀ ਇਕ ਟੋਲੀ ਨੂੰ ਤੁਹਾਡੇ ਵੱਲ ਧਿਆਨ ਦੁਆਇਆ ਸੀ ਜਦੋਂ ਕਿ ਉਹ .ਕੁਰਆਨ ਸੁਣਦੇ ਸੀ। ਜਦੋਂ ਉਹ ਜਿੰਨ ਉਸ .ਕੁਰਆਨ ਨੂੰ ਸੁਣਨ ਲਈ ਹਾਜ਼ਰ ਹੋਏ ਤਾਂ (ਇਕ ਦੂਜੇ ਨੂੰ) ਆਖਿਆ "ਚੁੱਪ ਹੋ ਜਾਓ"। ਜਦੋਂ ਉਹ ਪੜ੍ਹਿਆ ਜਾ ਚੁੱਕਿਆ ਫੇਰ ਉਹ ਆਪਣੀ ਕੌਮ ਵੱਲ (ਰੱਬ ਤੋਂ) ਡਰਾਉਣ ਵਾਲੇ ਬਣ ਕੇ ਆਏ।

وَإِذْ صَرَفْنَا إِلَيْكَ نَفَرًا مِّنَ الْجِنِّ يَسْتَمِعُونَ الْقُرْآنَ فَلَمَّا حَضَرُوهُ قَالُوا أَنصِتُوا ۖ فَلَمَّا قُضِيَ وَلَّوْا إِلَىٰ قَوْمِهِم مُّنذِرِينَ ﴿٢٩﴾

30 ਉਹਨਾਂ (ਜਿੰਨਾਂ ਨੇ) ਆਖਿਆ ਕਿ ਹੇ ਸਾਡੀ ਕੌਮ! ਬੇਸ਼ੱਕ ਅਸੀਂ ਇਕ ਕਿਤਾਬ ਸੁਣੀ ਹੈ ਜਿਹੜੀ ਮੂਸਾ ਤੋਂ ਪਿੱਛੋਂ ਉਤਾਰੀ ਗਈ ਹੈ। ਉਹ ਉਹਨਾਂ ਕਿਤਾਬਾਂ ਦੀ (ਅੱਲਾਹ ਵੱਲੋਂ ਹੋਣ ਦੀ) ਪੁਸ਼ਟੀ ਕਰਦੀ ਹੈ ਜਿਹੜੀਆਂ ਇਸ ਤੋਂ ਪਹਿਲਾਂ ਦੀਆਂ ਹਨ। ਉਹ ਕਿਤਾਬ ਹੱਕ ਸੱਚ ਵੱਲ ਤੇ ਸਿੱਧੇ ਰਾਹ ਵੱਲ ਅਗਵਾਈ ਕਰਦੀ ਹੈ।

قَالُوا يَا قَوْمَنَا إِنَّا سَمِعْنَا كِتَابًا أُنزِلَ مِن بَعْدِ مُوسَىٰ مُصَدِّقًا لِّمَا بَيْنَ يَدَيْهِ يَهْدِي إِلَى الْحَقِّ وَإِلَىٰ طَرِيقٍ مُّسْتَقِيمٍ ﴿٣٠﴾

31 ਹੇ ਸਾਡੀ ਕੌਮ ਵਾਲਿਓ! ਅੱਲਾਹ ਵੱਲ ਸੱਦਾ ਦੇਣ ਵਾਲੇ ਦੀ ਗੱਲ ਕਬੂਲ ਕਰ ਲਓ ਅਤੇ ਉਸ ਉੱਤੇ ਈਮਾਨ ਲੈ ਆਓ। ਉਹ ਤੁਹਾਡੇ ਗੁਨਾਹ ਬਖ਼ਸ਼ ਦੇਵੇਗਾ ਅਤੇ ਤੁਹਾਨੂੰ ਦੁਖਦਾਈ ਅਜ਼ਾਬ ਤੋਂ ਬਚਾ ਲਵੇਗਾ।[1]

يَا قَوْمَنَا أَجِيبُوا دَاعِيَ اللَّهِ وَآمِنُوا بِهِ يَغْفِرْ لَكُم مِّن ذُنُوبِكُمْ وَيُجِرْكُم مِّنْ عَذَابٍ أَلِيمٍ ﴿٣١﴾

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

32. ਅਤੇ ਜਿਹੜਾ ਕੋਈ ਅੱਲਾਹ ਦੇ ਦਾਅਈ (ਰੱਬ ਵੱਲ ਸੱਦਣ ਵਾਲੇ) ਦੀ ਗੱਲ ਨਹੀਂ ਮੰਨੇਗਾ ਤਾਂ ਉਹ ਧਰਤੀ ਉੱਤੇ ਅੱਲਾਹ ਨੂੰ ਬੇਵਸ ਨਹੀਂ ਕਰ ਸਕੇਗਾ। ਅੱਲਾਹ ਤੋਂ ਛੁੱਟ ਉਸ ਦਾ ਕੋਈ ਸਹਾਈ ਵੀ ਨਹੀਂ ਹੋਵੇਗਾ। ਇਹੋ ਲੋਕ ਸਪਸ਼ਟ ਕੁਰਾਹੇ ਪਏ ਹੋਏ ਹਨ।

وَمَن لَّا يُجِبْ دَاعِيَ اللَّهِ فَلَيْسَ بِمُعْجِزٍ
فِي الْأَرْضِ وَلَيْسَ لَهُ مِن دُونِهِ أَوْلِيَاءُ ۚ
أُولَٰئِكَ فِي ضَلَالٍ مُّبِينٍ ﴿٣٢﴾

33. ਕੀ ਉਹਨਾਂ ਨੇ ਵੇਖਿਆ ਨਹੀਂ ਕਿ ਬੇਸ਼ੱਕ ਉਹ ਅੱਲਾਹ ਹੈ, ਜਿਸ ਨੇ ਅਕਾਸ਼ਾਂ ਅਤੇ ਧਰਤੀ ਨੂੰ ਸਾਜਿਆ ਅਤੇ ਉਹ ਇਹਨਾਂ ਦੀ ਰਚਨਾ ਰਚਾਉਣ ਵਿਚ ਥੱਕਿਆ ਨਹੀਂ। ਕੀ ਉਹ ਮੁਰਦਿਆਂ ਨੂੰ ਜਿਉਂਦਾ ਕਰਨ ਦੀ ਸਮਰਥਾ ਨਹੀਂ ਰਖਦਾ? ਕਿਉਂ ਨਹੀਂ! ਨਿਰਸੰਦੇਹ, ਉਹ ਤਾਂ ਹਰੇਕ ਚੀਜ਼ ਦੀ ਸਮਰਥਾ ਰੱਖਦਾ ਹੈ।

أَوَلَمْ يَرَوْا أَنَّ اللَّهَ الَّذِي خَلَقَ السَّمَاوَاتِ وَالْأَرْضَ
وَلَمْ يَعْيَ بِخَلْقِهِنَّ بِقَادِرٍ عَلَىٰ أَن يُحْيِيَ
الْمَوْتَىٰ ۚ بَلَىٰ إِنَّهُ عَلَىٰ كُلِّ شَيْءٍ قَدِيرٌ ﴿٣٣﴾

34. ਜਦੋਂ ਕਾਫ਼ਿਰਾਂ ਨੂੰ (ਨਰਕ ਦੀ) ਅੱਗ ਦੇ ਸਾਹਮਣੇ ਲਿਆਂਦਾ ਜਾਵੇਗਾ, (ਫੇਰ ਉਹਨਾਂ ਨੂੰ ਪੁੱਛਿਆ ਜਾਵੇਗਾ), ਕੀ ਇਹ (ਨਰਕ) ਸੱਚ ਨਹੀਂ ਹੈ? ਤਾਂ ਉਹ ਆਖਣਗੇ ਕਿ ਕਿਉਂ ਨਹੀਂ! ਸਾਡੇ ਰੱਬ ਦੀ ਸੌਂਹ! (ਇਹ ਸੱਚ ਹੈ)। ਅੱਲਾਹ ਆਖੇਗਾ, ਹੁਣ ਤੁਸੀਂ ਆਪਣੇ ਇਨਕਾਰੀ ਹੋਣ ਕਾਰਨ ਅਜ਼ਾਬ ਦਾ ਸੁਆਦ ਚਖੋ।

وَيَوْمَ يُعْرَضُ الَّذِينَ كَفَرُوا عَلَى النَّارِ أَلَيْسَ
هَٰذَا بِالْحَقِّ ۖ قَالُوا بَلَىٰ وَرَبِّنَا ۚ قَالَ فَذُوقُوا
الْعَذَابَ بِمَا كُنتُمْ تَكْفُرُونَ ﴿٣٤﴾

35. (ਹੇ ਨਬੀ!) ਤੁਸੀਂ ਧੀਰਜ ਤੋਂ ਕੰਮ ਲਓ, ਜਿਸ ਤਰ੍ਹਾਂ (ਤੁਹਾਥੋਂ ਪਹਿਲਾਂ) ਹਿੰਮਤ ਤੇ ਹੌਸਲੇ ਵਾਲੇ ਰਸੂਲਾਂ ਨੇ ਧੀਰਜ ਤੋਂ ਕੰਮ ਲਿਆ ਸੀ।[1] ਇਹਨਾਂ ਕਾਫ਼ਿਰਾਂ ਲਈ ਅਜ਼ਾਬ ਮੰਗਣ ਵਿਚ ਕਾਹਲੀ ਨਾ ਕਰੋ। ਜਿਸ ਦਿਨ ਉਹ (ਕਾਫ਼ਿਰ) ਉਸ (ਅਜ਼ਾਬ) ਨੂੰ ਵੇਖ ਲੈਣਗੇ, ਜਿਸ ਦਾ ਇਹਨਾਂ ਨਾਲ ਵਾਅਦਾ ਕੀਤਾ ਜਾ ਰਿਹਾ ਹੈ (ਤਾਂ ਉਹ ਸਮਝਣਗੇ) ਕਿ ਉਹ ਤਾਂ (ਸੰਸਾਰ ਵਿਚ) ਦਿਨ ਦੀ ਬਸ ਇਕ ਘੜੀ ਹੀ

فَاصْبِرْ كَمَا صَبَرَ أُولُو الْعَزْمِ مِنَ الرُّسُلِ وَلَا
تَسْتَعْجِل لَّهُمْ ۚ كَأَنَّهُمْ يَوْمَ يَرَوْنَ مَا يُوعَدُونَ
لَمْ يَلْبَثُوا إِلَّا سَاعَةً مِّن نَّهَارٍ ۚ بَلَاغٌ ۚ
فَهَلْ يُهْلَكُ إِلَّا الْقَوْمُ الْفَاسِقُونَ ﴿٣٥﴾

[1] ਅੱਲਾਹ ਨੇ ਦੁਨੀਆਂ ਵਿਚ ਵੱਡੀ ਸੰਖਿਆ ਵਿਚ ਪੈਗ਼ੰਬਰ ਭੇਜੇ ਸੀ ਪਰ ਇਨ੍ਹਾਂ ਵਿਚ ਪੰਜ ਉਹ ਪੈਗ਼ੰਬਰ ਹਨ ਜਿਹੜੇ ਬਹੁਤ ਹੀ ਵੱਡੀ ਹਿੰਮਤ ਅਤੇ ਹੌਸਲੇ ਵਾਲੇ ਹਨ। ਜਿਨ੍ਹਾਂ ਵਿਚ ਹਜ਼ਰਤ ਮੁਹੰਮਦ (ਸ:), ਹਜ਼ਰਤ ਨੂਹ, ਹਜ਼ਰਤ ਇਬਰਾਹੀਮ, ਹਜ਼ਰਤ ਮੂਸਾ, ਹਜ਼ਰਤ ਈਸਾ ਸ਼ਾਮਿਲ ਹਨ।

ਠਹਿਰੇ ਸਨ। (ਹੇ ਨਬੀ) ਇਹ (ਰੱਬੀ ਪੈਗ਼ਾਮ ਲੋਕਾਂ ਤੱਕ) ਪਹੁੰਚਾ ਦਿੱਤਾ ਹੈ, ਸੋ ਨਾ-ਫ਼ਰਮਾਨ ਲੋਕਾਂ ਤੋਂ ਛੁੱਟ ਹੋਰ ਕੋਈ ਵੀ ਬਰਬਾਦ ਨਹੀਂ ਹੋਵੇਗਾ।

47. ਸੂਰਤ ਮੁਹੰਮਦ (ਮਦਨੀ-95)

سُوْرَةُ مُحَمَّدٍ

(ਆਇਤਾਂ 38; ਰੁਕੂਅ 4)

بِسْمِ اللّٰهِ الرَّحْمٰنِ الرَّحِيْمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

اَلَّذِيْنَ كَفَرُوْا وَصَدُّوْا عَنْ سَبِيْلِ اللّٰهِ
اَضَلَّ اَعْمَالَهُمْ ۱

1 ਜਿਨ੍ਹਾਂ ਲੋਕਾਂ ਨੇ (ਰੱਬੀ ਆਦੇਸ਼ਾਂ ਤੋਂ) ਇਨਕਾਰ ਕੀਤਾ ਅਤੇ (ਦੂਜਿਆਂ ਨੂੰ ਵੀ) ਅੱਲਾਹ ਦੀ ਰਾਹ ਚੱਲਣ ਤੋਂ ਰੋਕਿਆ, ਅੱਲਾਹ ਨੇ ਉਹਨਾਂ ਦੇ ਕਰਮਾਂ ਨੂੰ ਅਕਾਰਥ ਕਰ ਛੱਡਿਆ ਹੈ।[1]

وَالَّذِيْنَ اٰمَنُوْا وَعَمِلُوا الصّٰلِحٰتِ وَاٰمَنُوْا بِمَا نُزِّلَ
عَلٰى مُحَمَّدٍ وَّهُوَ الْحَقُّ مِنْ رَّبِّهِمْ ۙ كَفَّرَ عَنْهُمْ
سَيِّاٰتِهِمْ وَاَصْلَحَ بَالَهُمْ ۲

2. ਜਿਹੜੇ ਲੋਕ ਈਮਾਨ ਲਿਆਏ ਤੇ ਭਲੇ ਕੰਮ ਕੀਤੇ ਅਤੇ ਉਹ ਉਸ (ਕੁਰਆਨ) ਉੱਤੇ ਈਮਾਨ ਲਿਆਏ ਜੋ ਹਜ਼ਰਤ ਮੁਹੰਮਦ (ਸ) 'ਤੇ ਉਤਾਰਿਆ ਗਿਆ ਅਤੇ ਉਹ ਉਹਨਾਂ ਦੇ ਰੱਬ ਵੱਲੋਂ ਹੱਕ-ਸੱਚ 'ਤੇ ਆਧਾਰਿਤ ਹੈ, ਅੱਲਾਹ ਨੇ ਉਹਨਾਂ ਦੀਆਂ ਬੁਰਾਈਆਂ ਉਹਨਾਂ ਤੋਂ ਦੂਰ ਕਰ ਦਿੱਤੀਆਂ ਅਤੇ ਉਹਨਾਂ ਦਾ ਹਾਲ ਸੁਆਰ ਦਿੱਤਾ।

ذٰلِكَ بِاَنَّ الَّذِيْنَ كَفَرُوا اتَّبَعُوا الْبَاطِلَ وَاَنَّ الَّذِيْنَ
اٰمَنُوا اتَّبَعُوا الْحَقَّ مِنْ رَّبِّهِمْ ۭ كَذٰلِكَ يَضْرِبُ
اللّٰهُ لِلنَّاسِ اَمْثَالَهُمْ ۳

3. ਇਹ ਇਸ ਲਈ ਕਿ ਜਿਨ੍ਹਾਂ ਲੋਕਾਂ ਨੇ (ਕੁਰਆਨ ਦਾ) ਇਨਕਾਰ ਕੀਤਾ ਹੈ, ਉਹਨਾਂ ਨੇ ਕੂੜ ਕੁਸੱਤ (ਝੂਠ) ਦੀ ਪੈਰਵੀ ਕੀਤੀ ਹੈ ਅਤੇ ਜਿਹੜੇ ਲੋਕ ਈਮਾਨ ਲਿਆਏ, ਉਹਨਾਂ ਨੇ ਆਪਣੇ ਰੱਬ ਵੱਲੋਂ ਆਈ ਹੋਈ ਹੱਕ ਸੱਚ ਦੀ ਪੈਰਵੀ ਕੀਤੀ। ਇਸ ਤਰ੍ਹਾਂ ਅੱਲਾਹ ਲੋਕਾਂ ਦੇ ਲਈ ਉਹਨਾਂ ਦੀਆਂ ਉਦਾਹਰਣਾਂ ਬਿਆਨ ਕਰਦਾ ਹੈ।

---

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

4. ਸੋ ਜਦੋਂ ਇਹਨਾਂ ਇਨਕਾਰੀਆਂ ਨਾਲ (ਜੰਗ ਦੇ ਮੈਦਾਨ ਵਿਚ) ਤੁਹਾਡੀ ਮੁਠਭੇੜ ਹੋ ਜਾਵੇ ਤਾਂ (ਸਭ ਤੋਂ ਪਹਿਲਾਂ) ਇਹਨਾਂ ਦੀਆਂ ਧੌਣਾਂ ਵੱਢੋ।[1] ਜਦੋਂ ਤੁਸੀਂ ਉਹਨਾਂ ਨੂੰ ਚੰਗੀ ਤਰ੍ਹਾਂ ਕੁਚਲ ਦਿਓ ਤਾਂ ਕੈਦੀਆਂ ਨੂੰ ਚੰਗੀ ਤਰ੍ਹਾਂ ਬੰਨ੍ਹ ਲਵੋ, ਇਸ ਤੋਂ ਪਿੱਛੋਂ ਜਾਂ ਤਾਂ ਤੁਸੀਂ ਉਹਨਾਂ 'ਤੇ ਅਹਿਸਾਨ ਕਰੋ ਜਾਂ ਫ਼ਿਦੀਆ (ਫ਼ਿਰੌਤੀ) ਲੈ ਲਓ, ਇੱਥੋਂ ਤਕ ਕਿ ਲੜਾਈ ਆਪਣੇ ਹਥਿਆਰ ਸੁੱਟ ਦੇਵੇ (ਭਾਵ ਜੰਗ ਖ਼ਤਮ ਹੋ ਜਾਵੇ), ਤੁਹਾਡੇ ਲਈ ਹੁਕਮ ਇਹੋ ਹੈ। ਜੇ ਅੱਲਾਹ ਚਾਹੁੰਦਾ ਤਾਂ ਆਪ ਹੀ ਉਹਨਾਂ ਤੋਂ ਬਦਲਾ ਲੈ ਲੈਂਦਾ, ਪਰ ਉਸ ਨੇ ਤੁਹਾਨੂੰ ਹੁਕਮ ਦਿੱਤਾ ਹੈ ਤਾਂ ਜੋ ਉਹ ਤੁਹਾਡੀ ਇਕ ਦੂਜੇ ਰਾਹੀਂ ਪਰਖ ਕਰ ਸਕੇ। ਜਿਹੜੇ ਲੋਕ ਅੱਲਾਹ ਦੀ ਰਾਹ ਵਿਚ ਕਤਲ (ਸ਼ਹੀਦ) ਕੀਤੇ ਗਏ, ਅੱਲਾਹ ਉਹਨਾਂ ਦੇ ਕੀਤੇ (ਨੇਕ) ਕੰਮ ਅਜਾਈਂ ਨਹੀਂ ਜਾਣ ਦੇਵੇਗਾ।

فَإِذَا لَقِيتُمُ الَّذِينَ كَفَرُوا فَضَرْبَ الرِّقَابِ حَتَّىٰ إِذَا أَثْخَنتُمُوهُمْ فَشُدُّوا الْوَثَاقَ فَإِمَّا مَنًّا بَعْدُ وَإِمَّا فِدَاءً حَتَّىٰ تَضَعَ الْحَرْبُ أَوْزَارَهَا ۚ ذَٰلِكَ وَلَوْ يَشَاءُ اللَّهُ لَانتَصَرَ مِنْهُمْ وَلَٰكِن لِّيَبْلُوَ بَعْضَكُم بِبَعْضٍ ۗ وَالَّذِينَ قُتِلُوا فِي سَبِيلِ اللَّهِ فَلَن يُضِلَّ أَعْمَالَهُمْ ﴿٤﴾

5. ਉਹ ਛੇਤੀ ਹੀ ਉਹਨਾਂ ਦੀ ਅਗਵਾਈ ਕਰੇਗਾ ਅਤੇ ਉਹਨਾਂ ਦੇ ਹਾਲ ਸੁਆਰ ਦੇਵੇਗਾ।

سَيَهْدِيهِمْ وَيُصْلِحُ بَالَهُمْ ﴿٥﴾

6. ਉਹ ਉਹਨਾਂ ਨੂੰ ਉਸ (ਜੰਨਤ) ਵਿਚ ਦਾਖ਼ਲ ਕਰੇਗਾ, ਜਿਸ ਤੋਂ ਉਹ ਉਹਨਾਂ ਨੂੰ ਜਾਣੂ ਕਰਾ ਚੁੱਕਾ ਹੈ।

وَيُدْخِلُهُمُ الْجَنَّةَ عَرَّفَهَا لَهُمْ ﴿٦﴾

7. ਹੇ ਈਮਾਨ ਵਾਲਿਓ! ਜੇ ਤੁਸੀਂ ਅੱਲਾਹ ਦੀ ਸਹਾਇਤਾ ਕਰੋਗੇ ਤਾਂ ਉਹ ਤੁਹਾਡੀ ਸਹਾਇਤਾ ਕਰੇਗਾ ਅਤੇ ਤੁਹਾਡੇ ਪੈਰਾਂ ਨੂੰ ਪੱਕਿਆਂ ਕਰ ਦੇਵੇਗਾ।

يَا أَيُّهَا الَّذِينَ آمَنُوا إِن تَنصُرُوا اللَّهَ يَنصُرْكُمْ وَيُثَبِّتْ أَقْدَامَكُمْ ﴿٧﴾

8. ਪਰ ਜਿਨ੍ਹਾਂ ਲੋਕਾਂ ਨੇ ਇਨਕਾਰ ਕੀਤਾ ਹੈ ਤਾਂ ਉਹਨਾਂ ਲਈ ਬਰਬਾਦੀ ਹੈ ਅਤੇ ਅੱਲਾਹ ਉਹਨਾਂ ਦੇ ਕਰਮਾਂ ਨੂੰ ਅਜਾਈਂ ਕਰ ਦੇਵੇਗਾ।

وَالَّذِينَ كَفَرُوا فَتَعْسًا لَّهُمْ وَأَضَلَّ أَعْمَالَهُمْ ﴿٨﴾

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 190/2 ਅਤੇ ਵੇਖੋ ਸੂਰਤ ਅਤ-ਤੌਬਾ, ਹਾਸ਼ੀਆ ਆਇਤ 20/9

9. ਇਹ ਇਸ ਲਈ ਹੈ ਕਿ ਬੇਸ਼ੱਕ ਉਹਨਾਂ ਨੇ ਉਸ ਚੀਜ਼ (ਕੁਰਆਨ) ਨੂੰ ਨਾ-ਪਸੰਦ ਕੀਤਾ ਹੈ ਜਿਹੜੀ ਅੱਲਾਹ ਨੇ ਉਤਾਰੀ ਹੈ। ਫੇਰ ਉਸ (ਅੱਲਾਹ) ਨੇ ਉਹਨਾਂ ਦੇ (ਨੇਕ) ਕਰਮਾਂ ਨੂੰ ਅਜਾਈਂ ਕਰ ਦਿੱਤਾ।

ذٰلِكَ بِأَنَّهُمْ كَرِهُوْا مَآ أَنْزَلَ اللّٰهُ فَأَحْبَطَ
أَعْمَالَهُمْ ﴿٩﴾

10. ਫੇਰ ਕੀ ਉਹ ਧਰਤੀ ਉੱਤੇ ਤੁਰੇ-ਫਿਰੇ ਨਹੀਂ ਕਿ ਉਹ ਉਹਨਾਂ ਲੋਕਾਂ ਦਾ ਅੰਤ ਵੇਖ ਲੈਂਦੇ ਜਿਹੜੇ ਉਹਨਾਂ ਤੋਂ ਪਹਿਲਾਂ (ਇਨਕਾਰੀ) ਸਨ? ਅੱਲਾਹ ਨੇ ਉਹਨਾਂ ਨੂੰ ਬਰਬਾਦ ਕਰ ਸੁੱਟਿਆ। ਇਨਕਾਰੀਆਂ ਲਈ ਅਜਿਹੀਆਂ ਹੀ ਸਜ਼ਾਵਾਂ ਨਿਯਤ ਕਰਦੇ ਹਾਂ।

أَفَلَمْ يَسِيْرُوْا فِي الْأَرْضِ فَيَنْظُرُوْا كَيْفَ كَانَ
عَاقِبَةُ الَّذِيْنَ مِنْ قَبْلِهِمْ ۚ دَمَّرَ اللّٰهُ عَلَيْهِمْ ۖ
وَلِلْكٰفِرِيْنَ أَمْثَالُهَا ﴿١٠﴾

11. ਇਹ ਇਸ ਲਈ ਕਿ ਬੇਸ਼ੱਕ ਅੱਲਾਹ ਉਹਨਾਂ ਲੋਕਾਂ ਦੀ ਮਦਦ ਕਰਦਾ ਹੈ ਜਿਹੜੇ ਈਮਾਨ ਲਿਆਏ ਅਤੇ ਜਿਹੜੇ ਇਨਕਾਰੀ ਹਨ ਉਹਨਾਂ ਦਾ ਕੋਈ ਵੀ ਸਹਾਇਕ ਨਹੀਂ।

ذٰلِكَ بِأَنَّ اللّٰهَ مَوْلَى الَّذِيْنَ اٰمَنُوْا وَأَنَّ الْكٰفِرِيْنَ
لَا مَوْلٰى لَهُمْ ﴿١١﴾

12. ਬੇਸ਼ੱਕ ਜਿਹੜੇ ਲੋਕ ਈਮਾਨ ਲਿਆਏ ਅਤੇ ਉਹਨਾਂ ਨੇ ਨੇਕ ਤੇ ਭਲੇ ਕੰਮ ਵੀ ਕੀਤੇ ਤਾਂ ਅੱਲਾਹ ਉਹਨਾਂ ਲੋਕਾਂ ਨੂੰ ਅਜਿਹੇ ਬਾਗ਼ਾਂ ਵਿਚ ਦਾਖ਼ਲ ਕਰੇਗਾ, ਜਿਨ੍ਹਾਂ ਹੇਠ ਨਹਿਰਾਂ ਵਗਦੀਆਂ ਹਨ ਅਤੇ ਜਿਨ੍ਹਾਂ ਲੋਕਾਂ ਨੇ (ਰੱਬ ਅਤੇ ਉਸ ਦੇ ਰਸੂਲ ਦਾ) ਇਨਕਾਰ ਕੀਤਾ, ਉਹ ਸੰਸਾਰ ਦਾ ਹੀ ਲਾਭ ਉਠਾਉਂਦੇ ਹਨ। ਉਹ ਇੰਜ ਨਿਸ਼ਚਿੰਤ ਹੋਕੇ ਖਾਂਦੇ-ਪੀਂਦੇ ਹਨ ਜਿਵੇਂ ਡੰਗਰ-ਪਸ਼ੂ ਖਾਂਦੇ ਹਨ। ਅੰਤ ਅੱਗ ਹੀ ਉਹਨਾਂ ਦਾ ਆਖ਼ਰੀ ਟਿਕਾਣਾ ਹੈ।

إِنَّ اللّٰهَ يُدْخِلُ الَّذِيْنَ اٰمَنُوْا وَعَمِلُوا الصّٰلِحٰتِ
جَنّٰتٍ تَجْرِيْ مِنْ تَحْتِهَا الْأَنْهٰرُ ۖ وَالَّذِيْنَ كَفَرُوْا
يَتَمَتَّعُوْنَ وَيَأْكُلُوْنَ كَمَا تَأْكُلُ الْأَنْعَامُ وَالنَّارُ
مَثْوًى لَّهُمْ ﴿١٢﴾

13. (ਹੇ ਨਬੀ!) ਕਿੰਨੀਆਂ ਹੀ ਉਹ ਬਸਤੀਆਂ ਤੁਹਾਡੀ ਇਸ ਬਸਤੀ (ਮੱਕਾ) ਨਾਲੋਂ ਜਿਸ (ਦੇ ਵਸਨੀਕਾਂ) ਨੇ ਤੁਹਾਨੂੰ ਬਾਹਰ ਕੱਢ ਦਿੱਤਾ, ਕਿਤੇ ਵੱਧ ਜ਼ੋਰਾਵਰ ਸਨ। ਅਸੀਂ ਉਹਨਾਂ ਨੂੰ ਬਰਬਾਦ ਕਰ ਸੁੱਟਿਆ, ਫੇਰ ਉਹਨਾਂ ਦੀ ਸਹਾਇਤਾ ਕਰਨ ਵਾਲਾ ਕੋਈ ਵੀ ਨਹੀਂ ਸੀ।

وَكَأَيِّنْ مِّنْ قَرْيَةٍ هِيَ أَشَدُّ قُوَّةً مِّنْ قَرْيَتِكَ
الَّتِيْ أَخْرَجَتْكَ ۚ أَهْلَكْنٰهُمْ فَلَا نَاصِرَ لَهُمْ ﴿١٣﴾

14. ਭਲਾਂ ਕੀ ਉਹ ਵਿਅਕਤੀ, ਜਿਹੜਾ ਆਪਣੇ ਰੱਬ ਵੱਲੋਂ ਪ੍ਰਤੱਖ ਤੇ ਸਪਸ਼ਟ ਹਿਦਾਇਤ ਉੱਤੇ ਹੋਵੇ, ਉਹ ਉਸ ਵਿਅਕਤੀ ਵਾਂਗ ਹੋ ਸਕਦਾ ਹੈ ਜਿਸ ਲਈ ਉਸ ਦੀ ਭੈੜੀ ਕਰਨੀ ਸ਼ੋਭਾਮਾਨ ਬਣਾ ਦਿੱਤੀ ਗਈ ਹੋ ਅਤੇ ਉਹ ਆਪਣੀਆਂ ਇੱਛਾਵਾਂ ਦੇ ਪਿੱਛੇ ਲੱਗ ਗਿਆ ਹੋਵੇ?

أَفَمَن كَانَ عَلَىٰ بَيِّنَةٍ مِّن رَّبِّهِۦ كَمَن زُيِّنَ لَهُۥ سُوٓءُ عَمَلِهِۦ وَٱتَّبَعُوٓا۟ أَهْوَآءَهُم ١٤

15 ਜਿਸ ਜੰਨਤ ਦਾ ਵਾਅਦਾ ਪਰਹੇਜ਼ਗਾਰਾਂ ਨਾਲ ਕੀਤਾ ਗਿਆ ਹੈ, ਉਸ ਦੀ ਸ਼ਾਨ ਇਹ ਹੈ ਕਿ ਉਸ ਵਿਚ ਅਜਿਹੇ ਪਾਣੀ ਦੀਆਂ ਨਹਿਰਾਂ ਹਨ, ਜਿਹੜਾ ਬਦਲਣ ਵਾਲਾ ਨਹੀਂ ਅਤੇ ਅਜਿਹੇ ਦੁੱਧ ਦੀਆਂ ਨਹਿਰਾਂ ਹਨ ਜਿਸ ਦੇ ਸਵਾਦ ਵਿਚ ਕੋਈ ਫ਼ਰਕ ਨਹੀਂ ਆਇਆ ਹੋਵੇਗਾ ਅਤੇ ਅਜਿਹੀ ਸ਼ਰਾਬ ਦੀਆਂ ਨਹਿਰਾਂ ਹਨ ਜਿਹੜੀਆਂ ਪੀਣ ਵਾਲਿਆਂ ਲਈ ਸੁਆਦਲੀ ਹੋਵੇਗੀ ਅਤੇ ਪਾਕ-ਸਾਫ਼ ਸ਼ਹਿਦ ਦੀਆਂ ਨਹਿਰਾਂ ਹਨ। ਉੱਥੇ ਉਹਨਾਂ ਲਈ ਹਰ ਪ੍ਰਕਾਰ ਦੇ ਫਲ ਹੋਣਗੇ ਤੇ ਉਹਨਾਂ ਦੇ ਰੱਬ ਵੱਲੋਂ ਬਖ਼ਸ਼ਿਸ਼ ਹੋਵੇਗੀ। ਕੀ ਇਹ (ਨੇਕ ਲੋਕ) ਉਹਨਾਂ ਲੋਕਾਂ ਵਾਂਗ ਹੋ ਸਕਦੇ ਹਨ ਜਿਹੜੇ ਸਦਾ ਨਰਕ ਵਿਚ ਰਹਿਣ ਵਾਲੇ ਹਨ। ਉੱਥੇ ਉਹਨਾਂ ਨੂੰ ਉਬਲਦਾ ਹੋਇਆ ਪਾਣੀ ਪਿਆਇਆ ਜਾਵੇਗਾ ਜੋ ਉਹਨਾਂ ਦੀਆਂ ਆਂਦਰਾਂ ਦੇ ਟੋਟੇ-ਟੋਟੇ ਕਰ ਦੇਵੇਗਾ।

مَّثَلُ ٱلْجَنَّةِ ٱلَّتِى وُعِدَ ٱلْمُتَّقُونَ ۖ فِيهَآ أَنْهَٰرٌ مِّن مَّآءٍ غَيْرِ ءَاسِنٍ وَأَنْهَٰرٌ مِّن لَّبَنٍ لَّمْ يَتَغَيَّرْ طَعْمُهُۥ وَأَنْهَٰرٌ مِّنْ خَمْرٍ لَّذَّةٍ لِّلشَّٰرِبِينَ وَأَنْهَٰرٌ مِّنْ عَسَلٍ مُّصَفًّى ۖ وَلَهُمْ فِيهَا مِن كُلِّ ٱلثَّمَرَٰتِ وَمَغْفِرَةٌ مِّن رَّبِّهِمْ ۖ كَمَنْ هُوَ خَٰلِدٌ فِى ٱلنَّارِ وَسُقُوا۟ مَآءً حَمِيمًا فَقَطَّعَ أَمْعَآءَهُمْ ١٥

16 (ਹੇ ਨਬੀ !) ਇਹਨਾਂ (ਮੁਨਾਫ਼ਿਕਾਂ) ਵਿਚ ਹੀ ਕੁੱਝ ਲੋਕ ਅਜਿਹੇ ਹਨ ਜਿਹੜੇ ਤੁਹਾਡੇ ਵੱਲ ਕੰਨ ਲਾਈਂ ਰੱਖਦੇ ਹਨ। ਜਦੋਂ ਉਹ ਤੁਹਾਡੇ ਕੋਲੋਂ ਨਿਕਲਦੇ ਹਨ ਤਾਂ ਉਹ ਉਹਨਾਂ ਤੋਂ ਜਿਨ੍ਹਾਂ ਨੂੰ (ਆਸਮਾਨੀ ਕਿਤਾਬਾਂ ਦਾ) ਗਿਆਨ ਦਿੱਤਾ ਗਿਆ ਹੈ, ਪੁੱਛਦੇ ਹਨ ਕਿ ਇਸ (ਨਬੀ) ਨੇ ਹੁਣੇ-ਹੁਣੇ ਤੁਹਾਨੂੰ ਕੀ ਆਖਿਆ ਸੀ? ਇਹ ਉਹ ਲੋਕ ਹਨ ਜਿਨ੍ਹਾਂ ਦੇ ਦਿਲਾਂ ਉੱਤੇ ਅੱਲਾਹ ਨੇ ਮੋਹਰ ਲਾ ਛੱਡੀ ਹੈ ਅਤੇ ਉਹ ਆਪਣੀਆਂ ਇੱਛਾਵਾਂ ਦੇ ਪਿੱਛੇ ਲੱਗੇ ਰਹੇ।

وَمِنْهُم مَّن يَسْتَمِعُ إِلَيْكَ حَتَّىٰٓ إِذَا خَرَجُوا۟ مِنْ عِندِكَ قَالُوا۟ لِلَّذِينَ أُوتُوا۟ ٱلْعِلْمَ مَاذَا قَالَ ءَانِفًا ۚ أُو۟لَٰٓئِكَ ٱلَّذِينَ طَبَعَ ٱللَّهُ عَلَىٰ قُلُوبِهِمْ وَٱتَّبَعُوٓا۟ أَهْوَآءَهُمْ ١٦

وَالَّذِينَ اهْتَدَوْا زَادَهُمْ هُدًى
وَآتَاهُمْ تَقْوَاهُمْ ١٧

17. ਜਿਹੜੇ ਲੋਕ ਸਿੱਧੇ ਰਾਹ ਪਏ ਹਨ ਅੱਲਾਹ ਉਹਨਾਂ ਨੂੰ ਵਧੇਰੇ ਹਿਦਾਇਤ ਦਿੰਦਾ ਹੈ ਅਤੇ ਉਹਨਾਂ ਨੂੰ ਉਹਨਾਂ ਦੇ ਹਿੱਸੇ ਦਾ ਡਰ-ਭੌ ਦਿੰਦਾ ਹੈ।

فَهَلْ يَنظُرُونَ إِلَّا السَّاعَةَ أَن تَأْتِيَهُم بَغْتَةً ۖ
فَقَدْ جَاءَ أَشْرَاطُهَا ۚ فَأَنَّىٰ لَهُمْ إِذَا جَاءَتْهُمْ
ذِكْرَاهُمْ ١٨

18. ਇਹ ਲੋਕ ਤਾਂ ਹੁਣ ਕਿਆਮਤ ਦੀ ਉਡੀਕ ਕਰ ਰਹੇ ਹਨ ਕਿ ਉਹ ਅਚਣਚੇਤ ਉਹਨਾਂ 'ਤੇ ਆ ਜਾਵੇ। ਬੇਸ਼ੱਕ ਉਸ ਦੀਆਂ ਨਿਸ਼ਾਨੀਆਂ ਤਾਂ ਆ ਚੁੱਕੀਆਂ ਹਨ। ਸੋ ਜਦੋਂ ਉਹਨਾ ਕੋਲ ਕਿਆਮਤ ਆ ਪੁੱਜੇਗੀ ਤਾਂ ਉਹਨਾਂ ਲਈ ਨਸੀਹਤ ਕਬੂਲ ਕਰਨ ਦਾ ਕਿਹੜਾ ਮੌਕਾ ਬਾਕੀ ਰਹਿ ਜਾਵੇਗਾ?[1]

فَاعْلَمْ أَنَّهُ لَا إِلَٰهَ إِلَّا اللَّهُ وَاسْتَغْفِرْ لِذَنبِكَ
وَلِلْمُؤْمِنِينَ وَالْمُؤْمِنَاتِ ۗ وَاللَّهُ يَعْلَمُ
مُتَقَلَّبَكُمْ وَمَثْوَاكُمْ ١٩

19 ਸੋ (ਹੇ ਨਬੀ!) ਚੰਗੀ ਤਰ੍ਹਾਂ ਜਾਣ ਲਓ ਕਿ ਅੱਲਾਹ ਤੋਂ ਛੁੱਟ ਕੋਈ ਸੱਚਾ ਇਸ਼ਟ ਨਹੀਂ ਹੈ ਤੁਸੀਂ ਆਪਣੇ ਲਈ ਵੀ ਅਤੇ ਮੋਮਿਨ ਮਰਦਾਂ ਅਤੇ ਮੋਮਿਨ ਔਰਤਾਂ ਦੇ ਗੁਨਾਹਾਂ ਲਈ ਵੀ (ਰੱਬ ਤੋਂ) ਮੁਆਫ਼ੀ ਮੰਗੋ। ਅੱਲਾਹ ਤੁਹਾਡੇ ਤੁਰਨ-ਫਿਰਨ (ਸਰਗਰਮੀਆਂ) ਤੋਂ ਅਤੇ ਤੁਹਾਡੇ ਟਿਕਾਣੇ ਤੋਂ ਵੀ ਜਾਣੂ ਹੈ।

وَيَقُولُ الَّذِينَ آمَنُوا لَوْلَا نُزِّلَتْ سُورَةٌ ۖ
فَإِذَا أُنزِلَتْ سُورَةٌ مُّحْكَمَةٌ وَذُكِرَ فِيهَا
الْقِتَالُ ۙ رَأَيْتَ الَّذِينَ فِي قُلُوبِهِم مَّرَضٌ
يَنظُرُونَ إِلَيْكَ نَظَرَ الْمَغْشِيِّ عَلَيْهِ مِنَ
الْمَوْتِ ۖ فَأَوْلَىٰ لَهُمْ ٢٠

20. ਜਿਹੜੇ ਲੋਕ ਈਮਾਨ ਲਿਆਏ ਉਹ ਆਖਦੇ ਹਨ ਕਿ ਕੋਈ ਸੂਰਤ (ਜਿਹਾਦ ਦੇ ਸੰਬੰਧ ਵਿਚ) ਕਿਉਂ ਨਹੀਂ ਉਤਾਰੀ ਗਈ? ਜਦੋਂ ਕੋਈ ਸਪਸ਼ਟ ਤੇ ਪੱਕੀ ਸੂਰਤ ਉਤਾਰੀ ਜਾਂਦੀ ਹੈ, ਜਿਸ ਵਿਚ ਕਤਲ ਕਰਨ ਦੀ ਚਰਚਾ ਕੀਤੀ ਜਾਂਦੀ ਹੈ। (ਹੇ ਨਬੀ!) ਕੀ ਤੁਸੀਂ ਉਹਨਾਂ ਲੋਕਾਂ ਨੂੰ ਵੇਖਿਆ, ਜਿਨ੍ਹਾਂ ਦੇ ਦਿਲਾਂ ਵਿਚ ਰੋਗ ਸੀ, ਉਹ ਤੁਹਾਡੇ ਵੱਲ ਉਸ ਵਿਅਕਤੀ ਵਾਂਗ ਵੇਖਦੇ ਹਨ ਜਿਵੇਂ ਕਿਸੇ 'ਤੇ ਮੌਤ ਛਾ ਗਈ ਹੋਵੇ। ਸੋ ਉਹਨਾਂ ਲਈ ਬਰਬਾਦੀ ਹੈ।

طَاعَةٌ وَقَوْلٌ مَّعْرُوفٌ ۚ فَإِذَا عَزَمَ الْأَمْرُ
فَلَوْ صَدَقُوا اللَّهَ لَكَانَ خَيْرًا لَّهُمْ ٢١

21. ਤਾਬੇਦਾਰੀ ਕਰਨਾ ਤੇ ਚੰਗੀਆਂ ਗੱਲਾਂ ਆਖਣੀਆਂ ਵਧੀਆ ਗੱਲ ਹੈ ਪਰ ਜਦੋਂ (ਜਿਹਾਦ ਦਾ) ਸਪਸ਼ਟ ਹੁਕਮ ਆ ਜਾਂਦਾ ਹੈ ਤਾਂ ਜੇ ਉਹ

[1] ਭਾਵ ਉਸ ਸਮੇਂ ਤੋਬਾ ਨਹੀਂ ਕਰ ਸਕਣਗੇ ਨਾ ਹੀ ਤੋਬਾ ਲਾਭਦਾਇਕ ਹੋਵੇਗੀ। ਵੇਖੋ ਸੂਰਤ ਅਲ-ਅਨਾਮ, ਹਾਸ਼ੀਆ ਆਇਤ 158/6

ਅੱਲਾਹ ਨਾਲ ਕੀਤੇ ਪ੍ਰਣ ਵਿਚ ਸੱਚੇ ਰਹਿੰਦੇ ਤਾਂ ਉਹਨਾਂ ਲਈ ਵਧੇਰੇ ਚੰਗਾ ਹੈ।

22. ਸੋ (ਹੇ ਮੁਨਾਫ਼ਿਕੋ!) ਤੁਹਾਥੋਂ ਤਾਂ ਇਹੋ ਆਸ ਕੀਤੀ ਜਾ ਸਕਦੀ ਹੈ ਕਿ ਜੇ ਤੁਸੀਂ ਹਾਕਮ ਬਣ ਜਾਓ ਤਾਂ ਤੁਸੀਂ ਧਰਤੀ ਵਿਚ ਵਿਗਾੜ ਪਾਓਗੇ ਅਤੇ ਆਪਣੇ ਰਿਸ਼ਤਿਆਂ ਨੂੰ ਤੋੜੋਗੇ।[1]

فَهَلْ عَسَيْتُمْ إِنْ تَوَلَّيْتُمْ أَنْ تُفْسِدُوا فِي الْأَرْضِ وَتُقَطِّعُوا أَرْحَامَكُمْ (22)

23. ਇਹੋ ਉਹ ਲੋਕ ਹਨ ਜਿਨ੍ਹਾਂ ਉੱਤੇ ਅੱਲਾਹ ਨੇ ਫਿਟਕਾਰ ਪਾਈ ਹੈ। ਫੇਰ ਉਸ (ਅੱਲਾਹ) ਨੇ ਉਹਨਾਂ (ਮੁਨਾਫ਼ਿਕਾਂ) ਨੂੰ ਬੋਲਾ ਬਣਾ ਦਿੱਤਾ ਅਤੇ ਅੱਖਾਂ ਤੋਂ ਅੰਨ੍ਹਾ ਕਰ ਦਿੱਤਾ।

أُولَٰئِكَ الَّذِينَ لَعَنَهُمُ اللَّهُ فَأَصَمَّهُمْ وَأَعْمَىٰ أَبْصَارَهُمْ (23)

24. ਕੀ ਉਹ ਲੋਕ .ਕੁਰਆਨ ਉੱਤੇ ਵਿਚਾਰ ਨਹੀਂ ਕਰਦੇ ਜਾਂ ਉਹਨਾਂ ਦੇ ਦਿਲਾਂ ਉੱਤੇ ਜੰਦਰੇ ਲੱਗੇ ਹੋਏ ਹਨ?

أَفَلَا يَتَدَبَّرُونَ الْقُرْآنَ أَمْ عَلَىٰ قُلُوبٍ أَقْفَالُهَا (24)

25. ਬੇਸ਼ੱਕ ਜਿਹੜੇ ਲੋਕਾਂ ਨੇ ਪਿੱਠਾਂ ਫੇਰ ਲਈਆਂ ਜਦ ਕਿ ਉਹਨਾਂ ਉੱਤੇ ਹਿਦਾਇਤ ਸਪਸ਼ਟ ਹੋ ਚੁੱਕੀ ਸੀ ਫੇਰ ਸ਼ੈਤਾਨ ਨੇ ਉਹਨਾਂ ਦੇ ਭੈੜੇ ਅਮਲਾਂ ਨੂੰ ਸ਼ੋਭਾਮਾਨ ਬਣਾ ਛੱਡਿਆ ਹੈ ਅਤੇ ਅੱਲਾਹ ਨੇ ਉਹਨਾਂ ਨੂੰ ਢਿੱਲ ਦੇ ਛੱਡੀ।

إِنَّ الَّذِينَ ارْتَدُّوا عَلَىٰ أَدْبَارِهِمْ مِنْ بَعْدِ مَا تَبَيَّنَ لَهُمُ الْهُدَى ۙ الشَّيْطَانُ سَوَّلَ لَهُمْ وَأَمْلَىٰ لَهُمْ (25)

26. ਇਹ ਇਸ ਲਈ ਸੀ ਕਿ ਬੇਸ਼ੱਕ ਉਹਨਾਂ ਨੇ ਉਹਨਾਂ (ਯਹੂਦੀ) ਲੋਕਾਂ ਨੂੰ, ਜਿਨ੍ਹਾਂ ਨੇ ਇਸ ਚੀਜ਼ (.ਕੁਰਆਨ) ਨੂੰ ਨਾ-ਪਸੰਦ ਕੀਤਾ, ਜਿਹੜਾ ਅੱਲਾਹ ਨੇ ਉਤਾਰਿਆ ਸੀ, ਆਖਿਆ ਕਿ ਕੁੱਝ ਮਾਮਲਿਆਂ ਵਿਚ ਅਸੀਂ ਤੁਹਾਡੀਆਂ ਗੱਲਾਂ ਮੰਨਾਂਗੇ। ਅੱਲਾਹ ਉਹਨਾਂ ਦੇ ਦਿਲਾਂ ਦੀਆਂ ਗੱਲਾਂ ਚੰਗੀ ਤਰ੍ਹਾਂ ਜਾਣਦਾ ਹੈ।

ذَٰلِكَ بِأَنَّهُمْ قَالُوا لِلَّذِينَ كَرِهُوا مَا نَزَّلَ اللَّهُ سَنُطِيعُكُمْ فِي بَعْضِ الْأَمْرِ ۖ وَاللَّهُ يَعْلَمُ إِسْرَارَهُمْ (26)

---

1 ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਰਿਸ਼ਤੇਦਾਰੀਆਂ ਤੋੜਨ ਵਾਲਾ ਜੰਨਤ ਵਿਚ ਦਾਖ਼ਿਲ ਨਹੀਂ ਹੋਵੇਗਾ। (ਸਹੀ ਬੁਖ਼ਾਰੀ, ਹਦੀਸ: 5984)

27 ਉਸ ਵੇਲੇ ਕੀ ਹੋਵੇਗਾ, ਜਦੋਂ ਫ਼ਰਿਸ਼ਤੇ ਉਹਨਾਂ ਦੇ ਮੂੰਹਾਂ ਤੇ ਪਿੱਠਾਂ ਉੱਤੇ ਮਾਰਦੇ ਹੋਏ ਉਹਨਾਂ ਦੇ ਪ੍ਰਾਣ ਕੱਢਣਗੇ।

فَكَيْفَ إِذَا تَوَفَّتْهُمُ الْمَلَائِكَةُ يَضْرِبُونَ وُجُوهَهُمْ وَأَدْبَارَهُمْ 27

28 ਇਹ (ਮਾਰ ਕੁੱਟ) ਇਸ ਲਈ ਹੋਵੇਗੀ ਕਿ ਉਹਨਾਂ ਨੇ ਉਸ ਚੀਜ਼ ਦੀ ਪੈਰਵੀ ਕੀਤੀ ਜਿਸ ਨੇ ਅੱਲਾਹ ਨੂੰ ਨਾਰਾਜ਼ ਕਰ ਦਿੱਤਾ ਅਤੇ ਉਹਨਾਂ ਨੇ ਅੱਲਾਹ ਦੀ ਰਜ਼ਾਮੰਦੀ ਨੂੰ ਨਾ-ਪਸੰਦ ਕੀਤਾ। ਸੋ ਅੱਲਾਹ ਨੇ ਉਹਨਾਂ ਦੀਆਂ ਸਾਰੀਆਂ ਕਰਨੀਆਂ ਅਜਾਈਂ ਗੁਆ ਦਿੱਤੀਆਂ।

ذَٰلِكَ بِأَنَّهُمُ اتَّبَعُوا مَا أَسْخَطَ اللَّهَ وَكَرِهُوا رِضْوَانَهُ فَأَحْبَطَ أَعْمَالَهُمْ 28

29 ਕੀ ਉਹਨਾਂ ਲੋਕਾਂ ਨੇ, ਜਿਨ੍ਹਾਂ ਦੇ ਦਿਲਾਂ ਵਿਚ ਰੋਗ ਹੈ, ਇਹ ਸਮਝ ਬੈਠੇ ਹਨ ਕਿ ਅੱਲਾਹ ਉਹਨਾਂ ਦੇ ਦਿਲਾਂ ਦੇ ਖੋਟ ਨੂੰ ਪ੍ਰਗਟ ਨਹੀਂ ਕਰੇਗਾ?

أَمْ حَسِبَ الَّذِينَ فِي قُلُوبِهِمْ مَرَضٌ أَنْ لَنْ يُخْرِجَ اللَّهُ أَضْغَانَهُمْ 29

30 ਜੇ ਅਸੀਂ ਚਾਹੁੰਦੇ ਤਾਂ ਉਹ ਮੁਨਾਫ਼ਿਕ ਤੁਹਾਨੂੰ ਅੱਖੀਂ ਵਿਖਾ ਦਿੰਦੇ, ਫੇਰ ਤੁਸੀਂ ਉਹਨਾਂ ਨੂੰ ਉਹਨਾਂ ਦੇ ਚਿਹਰਿਆਂ ਤੋਂ ਪਛਾਣ ਲੈਂਦੇ। ਤੁਸੀਂ ਉਹਨਾਂ ਦੀ ਬੋਲ-ਬਾਣੀ ਤੋਂ ਉਹਨਾਂ ਨੂੰ ਜਾਣ ਲਵੋਗੇ। ਅੱਲਾਹ ਤੁਹਾਡੇ ਕਰਮਾਂ ਨੂੰ ਜਾਣਦਾ ਹੈ।

وَلَوْ نَشَاءُ لَأَرَيْنَاكَهُمْ فَلَعَرَفْتَهُمْ بِسِيمَاهُمْ ۚ وَلَتَعْرِفَنَّهُمْ فِي لَحْنِ الْقَوْلِ ۚ وَاللَّهُ يَعْلَمُ أَعْمَالَكُمْ 30

31. (ਹੇ ਮੋਮੀਨੋਂ!) ਅਸੀਂ ਤੁਹਾਨੂੰ ਜ਼ਰੂਰ ਹੀ ਅਜ਼ਮਾਵਾਂਗੇ ਤਾਂ ਜੋ ਅਸੀਂ ਵੇਖ ਲਈਏ ਕਿ ਤੁਹਾਡੇ ਵਿਚੋਂ ਜਿਹਾਦ ਕਰਨ ਵਾਲੇ ਤੇ ਸਬਰ ਕਰਨ ਵਾਲੇ (ਭਾਵ ਮੈਦਾਨ ਵਿਚ ਡਟੇ ਰਹਿਣ ਵਾਲੇ) ਕੌਣ ਹਨ ਅਤੇ ਤੁਹਾਡੇ ਦਿਲਾਂ ਦੇ ਹਾਲ ਦੀ ਪਰਖ ਕਰੀਏ।

وَلَنَبْلُوَنَّكُمْ حَتَّىٰ نَعْلَمَ الْمُجَاهِدِينَ مِنْكُمْ وَالصَّابِرِينَ وَنَبْلُوَ أَخْبَارَكُمْ 31

32. ਬੇਸ਼ੱਕ ਜਿਨ੍ਹਾਂ ਲੋਕਾਂ ਨੇ ਇਨਕਾਰ ਕੀਤਾ ਅਤੇ ਦੂਜਿਆਂ ਨੂੰ ਵੀ ਅੱਲਾਹ ਦੀ ਰਾਹ ਤੋਂ ਰੋਕਿਆ ਅਤੇ ਰਸੂਲ (ਸ:) ਦੀ ਵਿਰੋਧਤਾ ਕੀਤੀ, ਜਦੋਂ ਕਿ ਉਹਨਾਂ ਉੱਤੇ ਸਿੱਧੀ ਰਾਹ ਸਪਸ਼ਟ ਹੋ ਚੁੱਕੀ ਸੀ,[1] ਉਹ ਅੱਲਾਹ ਦਾ ਕੁੱਝ ਵੀ ਵਿਗਾੜ ਨਹੀਂ ਸਕਦੇ। ਛੇਤੀ ਹੀ ਉਹ ਉਹਨਾਂ ਦੇ ਅਮਲਾਂ ਨੂੰ ਅਜਾਈਂ ਗੁਆ ਦੇਵੇਗਾ।

إِنَّ الَّذِينَ كَفَرُوا وَصَدُّوا عَنْ سَبِيلِ اللَّهِ وَشَاقُّوا الرَّسُولَ مِنْ بَعْدِ مَا تَبَيَّنَ لَهُمُ الْهُدَىٰ لَنْ يَضُرُّوا اللَّهَ شَيْئًا وَسَيُحْبِطُ أَعْمَالَهُمْ 32

---

[1] ਵੇਖੋ ਸੂਰਤ ਅਲ-ਫ਼ਾਤਿਹਾ, ਹਾਸ਼ੀਆ ਆਇਤ 6/1

33. ਹੇ ਈਮਾਨ ਵਾਲਿਓ! ਤੁਸੀਂ ਅੱਲਾਹ ਦੀ ਆਗਿਆ ਦੀ ਪਾਲਣਾ ਕਰੋ ਅਤੇ ਰਸੂਲ ਦੀ ਤਾਬੇਦਾਰੀ ਕਰੋ ਅਤੇ ਆਪਣੇ ਕਰਮਾਂ ਨੂੰ ਅਜਾਈਂ ਨਾ ਕਰੋ।

يَا أَيُّهَا الَّذِينَ آمَنُوا أَطِيعُوا اللَّهَ وَأَطِيعُوا الرَّسُولَ وَلَا تُبْطِلُوا أَعْمَالَكُمْ 33

34. ਬੇਸ਼ੱਕ ਜਿਨ੍ਹਾਂ ਲੋਕਾਂ ਨੇ ਕੁਫ਼ਰ ਕੀਤਾ ਅਤੇ ਦੂਜਿਆਂ ਨੂੰ ਅੱਲਾਹ ਦੀ ਰਾਹ ਤੋਂ ਰੋਕਿਆ, ਫੇਰ ਉਹ ਉਸੇ ਕੁਫ਼ਰ ਦੀ ਹਾਲਤ ਵਿਚ ਹੀ ਮਰ ਗਏ, ਤਾਂ ਅੱਲਾਹ ਉਹਨਾਂ ਨੂੰ ਕਦੇ ਵੀ ਮੁਆਫ਼ ਨਹੀਂ ਕਰੇਗਾ।[1]

إِنَّ الَّذِينَ كَفَرُوا وَصَدُّوا عَن سَبِيلِ اللَّهِ ثُمَّ مَاتُوا وَهُمْ كُفَّارٌ فَلَن يَغْفِرَ اللَّهُ لَهُمْ 34

35. ਸੋ ਤੁਸੀਂ ਸੁਸਤੀ ਨਾ ਵਿਖਾਓ, ਨਾ ਹੀ ਸੁਲਾਹ ਲਈ ਬੇਨਤੀ ਕਰੋ ਜਦ ਕਿ ਤੁਸੀਂ ਹੀ ਗ਼ਾਲਬ (ਭਾਰੂ) ਰਹਿਣ ਵਾਲੇ ਹੋ। ਅੱਲਾਹ ਤੁਹਾਡੇ ਅੰਗ-ਸੰਗ ਹੈ, ਉਹ ਤੁਹਾਡੇ ਕਰਮਾਂ (ਦੇ ਸਵਾਬ) ਨੂੰ ਕਦੇ ਵੀ ਘੱਟ ਨਹੀਂ ਕਰੇਗਾ।

فَلَا تَهِنُوا وَتَدْعُوا إِلَى السَّلْمِ وَأَنتُمُ الْأَعْلَوْنَ وَاللَّهُ مَعَكُمْ وَلَن يَتِرَكُمْ أَعْمَالَكُمْ 35

36. ਸੰਸਾਰਿਕ ਜੀਵਨ ਤਾਂ ਇਕ ਖੇਡ-ਤਮਾਸ਼ਾ ਹੈ। (ਹੇ ਲੋਕੋ!) ਜੇ ਤੁਸੀਂ (ਅੱਲਾਹ ਤੇ ਉਸ ਦੇ ਰਸੂਲ ਮੁਹੰਮਦ ਸ: ਉੱਤੇ) ਈਮਾਨ ਲੈ ਆਓ ਤੇ ਬੁਰਾਈਆਂ ਤੋਂ ਬਚੇ ਰਹੋ ਤਾਂ ਅੱਲਾਹ ਤੁਹਾਨੂੰ ਤੁਹਾਡੇ ਕਰਮਫਲ ਦੇਵੇਗਾ। ਉਹ ਤੁਹਾਥੋਂ ਤੁਹਾਡੇ ਸਾਰੇ ਧਨ-ਪਦਾਰਥ ਨਹੀਂ ਮੰਗਦਾ।

إِنَّمَا الْحَيَاةُ الدُّنْيَا لَعِبٌ وَلَهْوٌ وَإِن تُؤْمِنُوا وَتَتَّقُوا يُؤْتِكُمْ أُجُورَكُمْ وَلَا يَسْأَلْكُمْ أَمْوَالَكُمْ 36

37. ਜੇ ਅੱਲਾਹ ਤੁਹਾਥੋਂ ਉਹ (ਮਾਲ-ਦੌਲਤ) ਮੰਗ ਲਵੇ ਅਤੇ ਇਸ ਲਈ ਜ਼ੋਰ ਪਾਵੇ, ਤਾਂ ਫੇਰ ਤੁਸੀਂ ਕੰਜੂਸੀ ਕਰੋਗੇ ਅਤੇ ਉਹ ਤੁਹਾਡੇ (ਦਿਲਾਂ ਦੇ) ਖੋਟ ਬਾਹਰ ਕੱਢ ਲਿਆਵੇਗਾ।

إِن يَسْأَلْكُمُوهَا فَيُحْفِكُمْ تَبْخَلُوا وَيُخْرِجْ أَضْغَانَكُمْ 37

38. ਸੁਣੋ! ਤੁਸੀਂ ਤਾਂ ਉਹ ਲੋਕ ਹੋ ਕਿ ਜਿਹਨਾਂ ਨੂੰ ਸੱਦਾ ਦਿੱਤਾ ਜਾਂਦਾ ਹੈ ਕਿ ਤੁਸੀਂ ਅੱਲਾਹ ਦੀ ਰਾਹ ਵਿਚ ਖ਼ਰਚ ਕਰੋ, ਤੁਹਾਡੇ ਵਿੱਚੋਂ ਕੁੱਝ ਉਹ ਵੀ ਹਨ ਜਿਹੜੇ ਕੰਜੂਸੀਆਂ ਕਰਦੇ ਹਨ। ਜਿਹੜਾ ਕੋਈ ਕੰਜੂਸੀ ਕਰਦਾ ਹੈ (ਉਹ ਸੁਣ ਲਵੇ!) ਉਹ ਤਾਂ ਆਪਣੇ ਆਪ ਨਾਲ ਹੀ ਕੰਜੂਸੀ ਕਰਦਾ ਹੈ। ਅੱਲਾਹ

هَا أَنتُمْ هَٰؤُلَاءِ تُدْعَوْنَ لِتُنفِقُوا فِي سَبِيلِ اللَّهِ فَمِنكُم مَّن يَبْخَلُ ۖ وَمَن يَبْخَلْ فَإِنَّمَا يَبْخَلُ عَن نَّفْسِهِ ۚ وَاللَّهُ الْغَنِيُّ وَأَنتُمُ الْفُقَرَاءُ ۚ وَإِن تَتَوَلَّوْا يَسْتَبْدِلْ قَوْمًا غَيْرَكُمْ ثُمَّ لَا يَكُونُوا أَمْثَالَكُم 38

---

1 ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

ਤਾਂ ਬੇਪਰਵਾਹ ਹੈ, ਤੁਸੀਂ ਹੀ ਉਸ ਦੇ ਮੁਥਾਜ ਹੋ। ਜੇ ਤੁਸੀਂ (ਉਸ ਤੋਂ) ਮੂੰਹ ਮੋੜੋਗੇ ਤਾਂ ਅੱਲਾਹ ਤੁਹਾਡੀ ਥਾਂ ਦੂਜੇ ਲੋਕਾਂ ਨੂੰ ਬਦਲ ਦੇਵੇਗਾ, ਫੇਰ ਉਹ ਤੁਹਾਡੇ ਵਰਗੇ (ਨਾ-ਫ਼ਰਮਾਨ) ਨਹੀਂ ਹੋਣਗੇ।

48. ਸੂਰਤ ਅਲ-ਫ਼ਤਿਹ (ਮਦਨੀ-111)

سُورَةُ الْفَتْحِ

(ਆਇਤਾਂ 29, ਰੁਕੂਅ 4)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

إِنَّا فَتَحْنَا لَكَ فَتْحًا مُّبِينًا 1

1 (ਹੇ ਨਬੀ!) ਬੇਸ਼ੱਕ ਅਸੀਂ ਤੁਹਾਨੂੰ ਖੁੱਲ੍ਹੀ ਫ਼ਤਿਹ ਬਖ਼ਸ਼ ਦਿੱਤੀ ਹੈ।

لِّيَغْفِرَ لَكَ اللَّهُ مَا تَقَدَّمَ مِن ذَنبِكَ وَمَا تَأَخَّرَ وَيُتِمَّ نِعْمَتَهُ عَلَيْكَ وَيَهْدِيَكَ صِرَاطًا مُّسْتَقِيمًا 2

2 ਤਾਂ ਜੋ ਅੱਲਾਹ ਤੁਹਾਡੀਆਂ ਸਾਰੀਆਂ ਅਗਲੀਆਂ ਪਿਛਲੀਆਂ ਭੁੱਲਾਂ ਨੂੰ ਮੁਆਫ਼ ਕਰ ਦੇਵੇ[1] ਅਤੇ ਤੁਹਾਡੇ ਉੱਤੇ ਆਪਣੀ ਨਿਆਮਤ (ਇਨਾਮ) ਨੂੰ ਪੂਰੀ ਕਰੇ ਅਤੇ ਤੁਹਾਨੂੰ ਸਿੱਧੀ ਰਾਹ ਦੀ ਹਿਦਾਇਤ ਬਖ਼ਸ਼ੇ।

وَيَنصُرَكَ اللَّهُ نَصْرًا عَزِيزًا 3

3. ਅਤੇ ਅੱਲਾਹ ਤੁਹਾਡੀ ਭਰਪੂਰ ਮਦਦ ਕਰੇ।

هُوَ الَّذِي أَنزَلَ السَّكِينَةَ فِي قُلُوبِ الْمُؤْمِنِينَ لِيَزْدَادُوا إِيمَانًا مَّعَ إِيمَانِهِمْ ۗ وَلِلَّهِ جُنُودُ السَّمَاوَاتِ وَالْأَرْضِ ۚ وَكَانَ اللَّهُ عَلِيمًا حَكِيمًا 4

4 ਉਹੀਓ (ਅੱਲਾਹ) ਹੈ ਜਿਸ ਨੇ ਮੋਮਿਨਾਂ ਦੇ ਦਿਲਾਂ ਵਿਚ ਸਕੀਨਤ (ਮਨ ਦੀ ਸ਼ਾਂਤੀ) ਉਤਾਰੀ ਤਾਂ ਜੋ ਉਹਨਾਂ ਦੇ ਈਮਾਨ ਵਿਚ ਹੋਰ ਵਾਧਾ ਹੋਵੇ। ਅਕਾਸ਼ ਤੇ ਧਰਤੀ ਦੀਆਂ ਸਾਰੀਆਂ ਫ਼ੌਜਾਂ ਅੱਲਾਹ ਦੇ ਹੀ ਅਧੀਨ ਹਨ। ਅੱਲਾਹ ਵੱਡਾ ਜਾਣਨਹਾਰ ਤੇ ਯੁਕਤੀਮਾਨ ਹੈ।

---

[1] ਹਜ਼ਰਤ ਮੁਗ਼ੀਰਾ ਬਿਨ ਸ਼ਾਅਬਾ ਤੋਂ ਪਤਾ ਲੱਗਦਾ ਹੈ ਕਿ ਨਬੀ (ਸ:) ਤਹੱਜਦ ਦੀ ਨਮਾਜ਼ ਵਿਚ ਇੰਨੀ ਦੇਰ ਖੜੇ ਰਹਿੰਦੇ ਸੀ ਕਿ ਉਨ੍ਹਾਂ ਦੇ ਪੈਰਾਂ ਉੱਤੇ ਸੋਜਾ ਆ ਜਾਂਦਾ ਸੀ। ਲੋਕਾਂ ਨੇ ਕਿਹਾ ਕਿ ਅੱਲਾਹ ਨੇ ਤਾਂ ਤੁਹਾਡੇ ਅਗਲੇ ਪਿਛਲੇ ਸਾਰੇ ਹੀ ਗੁਨਾਹ ਬਖ਼ਸ਼ ਦਿੱਤੇ ਹਨ ਫੇਰ ਤੁਸੀਂ ਇੰਨੀ ਤਪੱਸਿਆ ਕਿਉਂ ਕਰਦੇ ਹੋ, ਤਾਂ ਆਪ (ਸ:) ਨੇ ਫ਼ਰਮਾਇਆ, ਕੀ ਮੈਂ ਅੱਲਾਹ ਦਾ ਧੰਨਵਾਦੀ ਬੰਦਾ ਨਾ ਬਣਾਂ? (ਸਹੀ ਬੁਖ਼ਾਰੀ, ਹਦੀਸ: 4836)

5. (ਇਹ ਸਭ ਕੁੱਝ ਇਸ ਲਈ ਕੀਤਾ ਹੈ) ਤਾਂ ਜੋ ਉਹ ਮੋਮਿਨ ਪੁਰਸ਼ਾਂ ਨੂੰ ਤੇ ਮੋਮਿਨ ਇਸਤਰੀਆਂ ਨੂੰ ਅਜਿਹੇ ਬਾਗ਼ਾਂ ਵਿਚ ਦਾਖ਼ਲ ਕਰੇ ਜਿਨ੍ਹਾਂ ਦੇ ਹੇਠ ਨਹਿਰਾਂ ਵਗਦੀਆਂ ਹਨ। ਉਹ ਸਦਾ ਉਹਨਾਂ ਬਾਗ਼ਾਂ ਵਿਚ ਹੀ ਰਹਿਣਗੇ ਅਤੇ ਉਹਨਾਂ ਦੀਆਂ ਬੁਰਾਈਆਂ ਨੂੰ ਉਹਨਾਂ ਤੋਂ ਦੂਰ ਕਰ ਦੇਵੇਗਾ। ਅੱਲਾਹ ਦੀ ਨਜ਼ਰ ਵਿਚ ਇਹ ਬਹੁਤ ਵੱਡੀ ਕਾਮਯਾਬੀ ਹੈ।

لِيُدْخِلَ الْمُؤْمِنِينَ وَالْمُؤْمِنَاتِ جَنَّاتٍ تَجْرِي مِن تَحْتِهَا الْأَنْهَارُ خَالِدِينَ فِيهَا وَيُكَفِّرَ عَنْهُمْ سَيِّئَاتِهِمْ ۚ وَكَانَ ذَٰلِكَ عِندَ اللَّهِ فَوْزًا عَظِيمًا ٥

6. ਤਾਂ ਜੋ ਮੁਨਾਫ਼ਿਕ (ਪਖੰਡੀ) ਪੁਰਸ਼ ਅਤੇ ਮੁਨਾਫ਼ਿਕ ਇਸਤਰੀਆਂ ਅਤੇ ਮੁਸ਼ਰਿਕ ਪੁਰਸ਼ ਅਤੇ ਮੁਸ਼ਰਿਕ ਇਸਤਰੀਆਂ ਨੂੰ ਅਜ਼ਾਬ (ਸਜ਼ਾ) ਦੇਵੇ ਜਿਹੜੇ ਅੱਲਾਹ ਦੇ ਸੰਬੰਧ ਵਿਚ ਭੈੜੇ ਵਿਚਾਰ ਰੱਖਦੇ ਹਨ। ਬੁਰਾਈ ਦੇ ਫੇਰ ਵਿਚ ਉਹ ਆਪੇ ਹੀ ਹਨ। ਉਹਨਾਂ ਉੱਤੇ ਅੱਲਾਹ ਦੀ ਕਰੋਪੀ ਹੋਈ ਅਤੇ ਉਸ ਨੇ ਉਹਨਾਂ ਉੱਤੇ ਫਿਟਕਾਰ ਪਾਈ ਅਤੇ ਉਸ ਨੇ ਉਹਨਾਂ ਲਈ ਨਰਕ ਤਿਆਰ ਕਰ ਰੱਖੀ ਹੈ ਅਤੇ ਉਹ ਬਹੁਤ ਹੀ ਭੈੜਾ ਪਰਤਣ ਵਾਲਾ ਟਿਕਾਣਾ ਹੈ।

وَيُعَذِّبَ الْمُنَافِقِينَ وَالْمُنَافِقَاتِ وَالْمُشْرِكِينَ وَالْمُشْرِكَاتِ الظَّانِّينَ بِاللَّهِ ظَنَّ السَّوْءِ ۚ عَلَيْهِمْ دَائِرَةُ السَّوْءِ ۖ وَغَضِبَ اللَّهُ عَلَيْهِمْ وَلَعَنَهُمْ وَأَعَدَّ لَهُمْ جَهَنَّمَ ۖ وَسَاءَتْ مَصِيرًا ٦

7. ਅਕਾਸ਼ਾਂ ਤੇ ਧਰਤੀ ਦੀਆਂ ਸਾਰੀਆਂ ਫ਼ੌਜਾਂ ਅੱਲਾਹ ਦੇ ਹੀ ਅਧੀਨ ਹਨ। ਅੱਲਾਹ ਵੱਡਾ ਜ਼ੋਰਾਵਰ ਅਤੇ ਹਿਕਮਤ ਵਾਲਾ (ਯੁਕਤੀਮਾਨ) ਹੈ।

وَلِلَّهِ جُنُودُ السَّمَاوَاتِ وَالْأَرْضِ ۚ وَكَانَ اللَّهُ عَزِيزًا حَكِيمًا ٧

8. (ਹੇ ਮੁਹੰਮਦ ਸ:!) ਬੇਸ਼ੱਕ ਅਸੀਂ ਤੁਹਾਨੂੰ (ਹੱਕ ਦੀ) ਗਵਾਹੀ ਦੇਣ ਵਾਲਾ, (ਜੰਨਤ ਦੀਆਂ) ਖ਼ੁਸ਼ਖ਼ਬਰੀਆਂ ਸੁਣਾਉਣ ਵਾਲਾ ਅਤੇ (ਨਰਕ ਤੋਂ) ਡਰਾਉਣ ਵਾਲਾ ਬਣਾ ਕੇ ਭੇਜਿਆ ਹੈ।[1]

إِنَّا أَرْسَلْنَاكَ شَاهِدًا وَمُبَشِّرًا وَنَذِيرًا ٨

9. (ਸੋ ਹੇ ਲੋਕੋ!) ਤੁਸੀਂ ਅੱਲਾਹ ਤੇ ਉਸ ਦੇ ਰਸੂਲ (ਮੁਹੰਮਦ ਸ:) ਉੱਤੇ ਈਮਾਨ ਲਿਆਓ, ਤੁਸੀਂ ਉਸ (ਰਸੂਲ) ਦੀ ਮਦਦ ਕਰੋ ਅਤੇ ਉਸ ਦਾ ਸਤਿਕਾਰ

لِّتُؤْمِنُوا بِاللَّهِ وَرَسُولِهِ وَتُعَزِّرُوهُ وَتُوَقِّرُوهُ وَتُسَبِّحُوهُ بُكْرَةً وَأَصِيلًا ٩

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 42/2

ਕਰੋ ਅਤੇ ਸਵੇਰੇ-ਸ਼ਾਮ (ਹਰ ਵੇਲੇ) ਉਸ (ਅੱਲਾਹ) ਦੀ ਪਾਕੀ ਬਿਆਨ ਕਰੋ।

10. (ਹੇ ਨਬੀ!) ਬੇਸ਼ੱਕ ਜਿਹੜੇ ਲੋਕ ਤੁਹਾਡੇ ਨਾਲ 'ਬੈਅਤ' (ਪ੍ਰਤਿੱਗਿਆ) ਕਰ ਰਹੇ ਹਨ, ਅਸਲ ਵਿਚ ਉਹ ਅੱਲਾਹ ਨਾਲ 'ਬੈਅਤ' ਕਰ ਰਹੇ ਹਨ। ਅੱਲਾਹ ਦਾ ਹੱਥ ਉਹਨਾਂ ਦੇ ਹੱਥਾਂ ਉੱਤੇ ਹੈ। ਹੁਣ ਜਿਹੜਾ ਆਪਣੀ ਪ੍ਰਤਿੱਗਿਆ ਨੂੰ ਤੋੜੇਗਾ, ਉਸ ਦੀ ਪ੍ਰਤਿੱਗਿਆ ਤੋੜਨ ਦਾ ਦੋਸ਼ ਉਸ ਦੇ ਆਪਣੇ ਹੀ ਸਿਰ ਹੋਵੇਗਾ। ਅਤੇ ਜਿਹੜਾ ਉਸ 'ਬੈਅਤ' ਨੂੰ ਤੋੜ ਨਿਭਾਏਗਾ ਜੋ ਉਸ ਨੇ ਅੱਲਾਹ ਨਾਲ ਕੀਤੀ ਹੈ ਤਾਂ ਅੱਲਾਹ ਉਸ ਨੂੰ ਛੇਤੀ ਹੀ ਵੱਡਾ ਉੱਚਾ ਬਦਲਾ ਦੇਵੇਗਾ।

إِنَّ الَّذِينَ يُبَايِعُونَكَ إِنَّمَا يُبَايِعُونَ اللَّهَ يَدُ
اللَّهِ فَوْقَ أَيْدِيهِمْ فَمَن نَّكَثَ فَإِنَّمَا يَنكُثُ
عَلَىٰ نَفْسِهِ وَمَنْ أَوْفَىٰ بِمَا عَاهَدَ عَلَيْهُ
اللَّهَ فَسَيُؤْتِيهِ أَجْرًا عَظِيمًا ١٠

11. (ਹੇ ਨਬੀ!) ਅਰਬ-ਬੱਦੂਆਂ ਵਿੱਚੋਂ (ਜੰਗ ਵਿਚ) ਪਿੱਛੇ ਰਹਿ ਜਾਣ ਵਾਲੇ ਲੋਕ ਤੁਹਾਨੂੰ ਜ਼ਰੂਰ ਆਖਣਗੇ ਕਿ ਸਾਨੂੰ ਸਾਡੇ ਮਾਲ-ਪਦਾਰਥਾਂ ਅਤੇ ਬਾਲ ਬੱਚਿਆਂ ਨੇ ਰੁਝੇਵਿਆਂ ਵਿਚ ਪਾ ਰੱਖਿਆ ਸੀ, ਸੋ ਤੁਸੀਂ ਸਾਡੇ ਲਈ ਬਖ਼ਸ਼ਿਸ਼ ਦੀ ਦੁਆ ਕਰੋ। ਉਹ ਆਪਣੇ ਮੂੰਹ ਉਹ ਗੱਲਾਂ ਆਖ ਰਹੇ ਹਨ ਜੋ ਉਹਨਾਂ ਦੇ ਦਿਲਾਂ ਵਿਚ ਨਹੀਂ। ਤੁਸੀਂ ਉਹਨਾਂ ਨੂੰ ਆਖੋ ਕਿ ਉਹ ਕੌਣ ਹੈ ਜਿਹੜਾ ਤੁਹਾਡੇ ਮਾਮਲੇ ਵਿਚ ਅੱਲਾਹ ਵੱਲੋਂ ਕੀਤੇ ਗਏ ਫ਼ੈਸਲਿਆਂ ਦੇ ਸੰਬੰਧ ਵਿਚ ਕੋਈ ਅਧਿਕਾਰ ਰੱਖਦਾ ਹੈ, ਜੇ ਉਹ ਤੁਹਾਨੂੰ ਕੋਈ ਹਾਨੀ ਪਹੁੰਚਾਉਣਾ ਚਾਹੇ ਜਾਂ ਕੋਈ ਲਾਭ ਦੇਣਾ ਚਾਹੇ? (ਇਹ ਅਧਿਕਾਰ ਕਿਸੇ ਨੂੰ ਵੀ ਨਹੀਂ)। ਸਗੋਂ ਅੱਲਾਹ ਹੀ ਤੁਹਾਡੇ ਕਰਮਾਂ ਤੋਂ ਚੰਗੀ ਤਰ੍ਹਾਂ ਜਾਣੂ ਹੈ।

سَيَقُولُ لَكَ الْمُخَلَّفُونَ مِنَ الْأَعْرَابِ شَغَلَتْنَا
أَمْوَالُنَا وَأَهْلُونَا فَاسْتَغْفِرْ لَنَا يَقُولُونَ
بِأَلْسِنَتِهِم مَّا لَيْسَ فِي قُلُوبِهِمْ قُلْ فَمَن
يَمْلِكُ لَكُم مِّنَ اللَّهِ شَيْئًا إِنْ أَرَادَ بِكُمْ ضَرًّا
أَوْ أَرَادَ بِكُمْ نَفْعًا بَلْ كَانَ اللَّهُ بِمَا تَعْمَلُونَ
خَبِيرًا ١١

12. ਸਗੋਂ ਤੁਹਾਡੀ ਸੋਚ ਤਾਂ ਇਹ ਸੀ ਕਿ ਰਸੂਲ ਤੇ ਈਮਾਨ ਵਾਲੇ ਕਦੇ ਵੀ ਪਰਤ ਕੇ ਆਪਣੇ ਪਰਿਵਾਰ ਵੱਲ ਨਹੀਂ ਆ ਸਕਣਗੇ ਅਤੇ ਇਹ ਵਿਚਾਰ ਤੁਹਾਡੇ ਦਿਲਾਂ ਨੂੰ ਸੋਹਣਾ ਜਾਪਦਾ ਸੀ। ਤੁਸੀਂ ਬਹੁਤ ਹੀ

بَلْ ظَنَنتُمْ أَن لَّن يَنقَلِبَ الرَّسُولُ وَالْمُؤْمِنُونَ
إِلَىٰ أَهْلِيهِمْ أَبَدًا وَزُيِّنَ ذَٰلِكَ فِي قُلُوبِكُمْ
وَظَنَنتُمْ ظَنَّ السَّوْءِ وَكُنتُمْ قَوْمًا بُورًا ١٢

ਬੜਾ ਗੁਮਾਨ ਕੀਤਾ ਸੀ। (ਹੇ ਮੁਨਾਫ਼ਿਕੋ!) ਤੁਸੀਂ ਤਾਂ ਬਰਬਾਦ ਹੋਣ ਵਾਲੇ ਲੋਕ ਹੋ।

13. ਜਿਹੜਾ ਵਿਅਕਤੀ ਅੱਲਾਹ ਤੇ ਉਸ ਦੇ ਰਸੂਲ ਉੱਤੇ ਈਮਾਨ ਨਹੀਂ ਲਿਆਇਆ[1] ਤਾਂ ਅਸੀਂ ਅਜਿਹੇ ਕਾਫ਼ਿਰਾਂ ਲਈ ਭੜਕਦੀ ਹੋਈ ਅੱਗ ਤਿਆਰ ਕਰ ਰੱਖੀ ਹੈ।

وَمَنْ لَّمْ يُؤْمِنْ بِاللّٰهِ وَرَسُوْلِهٖ فَاِنَّآ
اَعْتَدْنَا لِلْكٰفِرِيْنَ سَعِيْرًا ﴿١٣﴾

14. ਅਕਾਸ਼ਾਂ ਅਤੇ ਧਰਤੀ ਦੀ ਪਾਤਸ਼ਾਹੀ ਅੱਲਾਹ ਲਈ ਹੀ ਹੈ। ਉਹ ਜਿਸ ਨੂੰ ਚਾਹੇ ਮੁਆਫ਼ ਕਰ ਦੇਵੇ ਤੇ ਜਿਸ ਨੂੰ ਚਾਹੇ ਅਜ਼ਾਬ (ਸਜ਼ਾ) ਦੇਵੇ। ਅੱਲਾਹ ਅਤਿਅੰਤ ਬਖ਼ਸ਼ਣਹਾਰ ਤੇ ਰਹਿਮ ਫ਼ਰਮਾਉਣ ਵਾਲਾ ਹੈ।

وَلِلّٰهِ مُلْكُ السَّمٰوٰتِ وَالْاَرْضِ ۭ يَغْفِرُ لِمَنْ
يَّشَاۗءُ وَيُعَذِّبُ مَنْ يَّشَاۗءُ ۭ وَكَانَ اللّٰهُ
غَفُوْرًا رَّحِيْمًا ﴿١٤﴾

15. (ਹੇ ਨਬੀ!) ਤੁਸੀਂ ਛੇਤੀ ਹੀ ਮਾਲੇ-ਗ਼ਨੀਮਤ ਪ੍ਰਾਪਤ ਕਰਨ ਲਈ (ਖ਼ੈਬਰ ਵੱਲ) ਜਾਓਗੇ ਤਾਂ ਪਿੱਛੇ ਛੱਡੇ ਜਾਣ ਵਾਲੇ ਲੋਕ ਤੁਹਾਨੂੰ ਜ਼ਰੂਰ ਆਖਣਗੇ ਕਿ ਸਾਨੂੰ ਵੀ ਆਪਣੇ ਨਾਲ ਚੱਲਣ ਦੀ ਆਗਿਆ ਦਿਓ। ਉਹ ਅੱਲਾਹ ਦੇ ਹੁਕਮ ਨੂੰ ਬਦਲ ਦੇਣਾ ਚਾਹੁੰਦੇ ਹਨ। ਸੋ ਤੁਸੀਂ ਆਖ ਦਿਓ! ਕਿ ਤੁਸੀਂ ਕਦੇ ਵੀ ਸਾਡੇ ਨਾਲ ਨਹੀਂ ਚੱਲੋਗੇ, ਕਿਉਂ ਜੋ ਅੱਲਾਹ ਇਹ ਹੁਕਮ ਪਹਿਲਾਂ ਹੀ ਫ਼ਰਮਾ ਚੁੱਕਿਆ ਹੈ। ਫੇਰ ਉਹ ਆਖਣਗੇ ਕਿ ਇਹ ਗੱਲ ਨਹੀਂ, ਸਗੋਂ ਤੁਸੀਂ ਤਾਂ ਸਾਡੇ ਨਾਲ ਈਰਖਾ ਕਰਦੇ ਹੋ (ਜਦੋਂ ਕਿ ਅਜਿਹਾ ਨਹੀਂ)। ਇਹ ਲੋਕ ਠੀਕ ਗੱਲ ਨੂੰ ਘੱਟ ਹੀ ਸਮਝਦੇ ਹਨ।

سَيَقُوْلُ الْمُخَلَّفُوْنَ اِذَا انْطَلَقْتُمْ اِلٰى مَغَانِمَ
لِتَاْخُذُوْهَا ذَرُوْنَا نَتَّبِعْكُمْ ۚ يُرِيْدُوْنَ
اَنْ يُّبَدِّلُوْا كَلٰمَ اللّٰهِ ۭ قُلْ لَّنْ تَتَّبِعُوْنَا كَذٰلِكُمْ
قَالَ اللّٰهُ مِنْ قَبْلُ ۚ فَسَيَقُوْلُوْنَ بَلْ
تَحْسُدُوْنَنَا ۭ بَلْ كَانُوْا لَا يَفْقَهُوْنَ اِلَّا قَلِيْلًا ﴿١٥﴾

16. (ਹੇ ਨਬੀ!) ਤੁਸੀਂ ਇਹਨਾਂ ਪਿੱਛੇ ਛੱਡੇ ਜਾਣ ਵਾਲੇ ਦਿਹਾਤੀਆਂ (ਅਰਬ-ਬੱਦੂਆਂ) ਨੂੰ ਆਖ ਦਿਓ ਕਿ ਛੇਤੀ ਹੀ ਤੁਹਾਨੂੰ ਇਕ ਲੜਾਕੂ ਕੌਮ ਨਾਲ ਯੁੱਧ ਕਰਨ ਲਈ ਸੱਦਿਆ ਜਾਵੇਗਾ ਜਾਂ ਤੁਸੀਂ ਉਹਨਾਂ ਨਾਲ ਲੜਦੇ ਹੀ ਰਹੋਗੇ ਜਾਂ ਉਹ ਮੁਸਲਮਾਨ (ਤਾਬੇ ਆਗਿਆਕਾਰੀ) ਬਣ ਜਾਣਗੇ। ਸੋ ਜੇ ਤੁਸੀਂ (ਅੱਲਾਹ

قُلْ لِّلْمُخَلَّفِيْنَ مِنَ الْاَعْرَابِ سَتُدْعَوْنَ اِلٰى قَوْمٍ
اُولِيْ بَاْسٍ شَدِيْدٍ تُقَاتِلُوْنَهُمْ اَوْ يُسْلِمُوْنَ ۚ
فَاِنْ تُطِيْعُوْا يُؤْتِكُمُ اللّٰهُ اَجْرًا حَسَنًا ۚ وَاِنْ
تَتَوَلَّوْا كَمَا تَوَلَّيْتُمْ مِّنْ قَبْلُ يُعَذِّبْكُمْ
عَذَابًا اَلِيْمًا ﴿١٦﴾

---

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

ਦੇ) ਹੁਕਮਾਂ ਦੀ ਪਾਲਣਾ ਕਰੋਗੇ ਤਾਂ ਅੱਲਾਹ ਤੁਹਾਨੂੰ ਸੋਹਣਾ ਬਦਲਾ ਦੇਵੇਗਾ। ਪਰ ਜੇ ਤੁਸੀਂ ਮੂੰਹ ਮੋੜਿਆ (ਭਾਵ ਅਵਗਿਆਕਾਰੀ ਕੀਤੀ) ਜਿਵੇਂ ਕਿ ਤੁਸੀਂ ਪਹਿਲਾਂ (ਹੁਦੈਬੀਆ ਵੇਲੇ) ਮੂੰਹ ਮੋੜਿਆ ਸੀ, ਤਾਂ ਅੱਲਾਹ ਤੁਹਾਨੂੰ ਦੁਖਦਾਈ ਅਜ਼ਾਬ ਦੇਵੇਗਾ।

17 ਹਾਂ ਜੇ ਅੰਨ੍ਹਾ, ਲੂਲਾ-ਲੰਗੜਾ ਤੇ ਰੋਗੀ (ਜਿਹਾਦ ਲਈ) ਨਾ ਜਾਵੇ ਤਾਂ ਕੋਈ ਗੁਨਾਹ ਨਹੀਂ। ਜਿਹੜਾ ਵੀ ਕੋਈ ਅੱਲਾਹ ਤੇ ਉਸ ਦੇ ਰਸੂਲ ਹਜ਼ਰਤ (ਮੁਹੰਮਦ ਸ:) ਦੇ ਆਖੇ ਲੱਗੇਗਾ, ਅੱਲਾਹ ਉਸ ਨੂੰ ਅਜਿਹੇ ਬਾਗ਼ਾਂ ਵਿਚ ਰੱਖੇਗਾ ਜਿਸ ਦੇ ਹੇਠ ਨਹਿਰਾਂ ਵਗਦੀਆਂ ਹਨ ਅਤੇ ਜਿਹੜਾ ਕੋਈ (ਹੁਕਮ ਮੰਨਣ ਤੋਂ) ਮੂੰਹ ਫੇਰੇਗਾ ਤਾਂ ਉਹ (ਅੱਲਾਹ) ਉਸ ਨੂੰ ਦੁਖਦਾਈ ਸਜ਼ਾ ਦੇਵੇਗਾ।

لَيْسَ عَلَى الْأَعْمَىٰ حَرَجٌ وَلَا عَلَى الْأَعْرَجِ حَرَجٌ وَلَا عَلَى الْمَرِيضِ حَرَجٌ ۗ وَمَن يُطِعِ اللَّهَ وَرَسُولَهُ يُدْخِلْهُ جَنَّاتٍ تَجْرِي مِن تَحْتِهَا الْأَنْهَارُ ۖ وَمَن يَتَوَلَّ يُعَذِّبْهُ عَذَابًا أَلِيمًا ۝١٧

18. ਬੇਸ਼ੱਕ ਅੱਲਾਹ ਈਮਾਨ ਵਾਲਿਆਂ ਨਾਲ ਉਸੇ ਸਮੇਂ ਰਾਜ਼ੀ ਹੋ ਗਿਆ ਸੀ ਜਦੋਂ ਉਹ ਇਕ ਰੁੱਖ ਦੇ ਹੇਠ ਤੁਹਾਡੇ (ਮੁਹੰਮਦ ਸ:) ਨਾਲ ਪ੍ਰਤਿੱਗਿਆ ਕਰ ਰਹੇ ਸਨ। ਸੋ ਜੋ ਉਹਨਾਂ ਦੇ ਮਨਾਂ ਵਿਚ ਸੀ, ਅੱਲਾਹ ਨੇ ਉਸ ਨੂੰ ਵੇਖ ਲਿਆ ਸੀ। ਫੇਰ ਅੱਲਾਹ ਨੇ ਉਹਨਾਂ ਉੱਤੇ ਸਕੀਨਤ (ਮਨਾਂ ਦੀ ਸ਼ਾਂਤੀ) ਉਤਾਰੀ ਅਤੇ ਬਦਲੇ ਵਿਚ ਨਿਕਟ ਭਵਿੱਖ ਵਿਚ ਪ੍ਰਾਪਤ ਹੋਣ ਵਾਲੀ ਜਿੱਤ (ਦੀ ਖ਼ੁਸ਼ਖ਼ਬਰੀ) ਦਿੱਤੀ।

لَّقَدْ رَضِيَ اللَّهُ عَنِ الْمُؤْمِنِينَ إِذْ يُبَايِعُونَكَ تَحْتَ الشَّجَرَةِ فَعَلِمَ مَا فِي قُلُوبِهِمْ فَأَنزَلَ السَّكِينَةَ عَلَيْهِمْ وَأَثَابَهُمْ فَتْحًا قَرِيبًا ۝١٨

19. ਅਤੇ ਢੇਰ ਸਾਰਾ ਮਾਲੇ-ਗ਼ਨੀਮਤ ਵੀ ਬਖ਼ਸ਼ਿਆ, ਜੋ ਉਹ ਪ੍ਰਾਪਤ ਕਰ ਲੈਣਗੇ। ਅੱਲਾਹ ਬਹੁਤ ਹੀ ਜ਼ੋਰਾਵਰ ਤੇ ਯੁਕਤੀਮਾਨ ਹੈ।

وَمَغَانِمَ كَثِيرَةً يَأْخُذُونَهَا ۗ وَكَانَ اللَّهُ عَزِيزًا حَكِيمًا ۝١٩

20 ਅੱਲਾਹ ਨੇ ਤੁਹਾਨੂੰ ਢੇਰ ਸਾਰੇ ਮਾਲੇ-ਗ਼ਨੀਮਤ ਦਾ ਵਚਨ ਦਿੱਤਾ ਹੈ ਕਿ ਤੁਸੀਂ ਉਸ ਨੂੰ (ਜੰਗ ਵਿਚ) ਪ੍ਰਾਪਤ ਕਰੋਗੇ, ਸੋ ਉਸ ਨੇ ਛੇਤੀ ਹੀ ਤੁਹਾਨੂੰ (ਖ਼ੈਬਰ ਵਿਚ) ਉਹ (ਮਾਲ ਪਦਾਰਥ) ਬਖ਼ਸ਼ ਦਿੱਤੇ। ਲੋਕਾਂ ਦੇ ਹੱਥ ਤੁਹਾਡੇ ਵਿਰੁਧ ਉੱਠਣ ਤੋਂ ਰੋਕ ਦਿੱਤੇ ਤਾਂ ਜੋ ਇਹ ਈਮਾਨ ਵਾਲਿਆਂ ਲਈ

وَعَدَكُمُ اللَّهُ مَغَانِمَ كَثِيرَةً تَأْخُذُونَهَا فَعَجَّلَ لَكُمْ هَٰذِهِ وَكَفَّ أَيْدِيَ النَّاسِ عَنكُمْ وَلِتَكُونَ آيَةً لِّلْمُؤْمِنِينَ وَيَهْدِيَكُمْ صِرَاطًا مُّسْتَقِيمًا ۝٢٠

ਇਕ ਨਿਸ਼ਾਨੀ ਬਣ ਜਾਵੇ ਅਤੇ ਉਹ (ਅੱਲਾਹ) ਤੁਹਾਨੂੰ ਸਿੱਧੇ ਰਾਹ ਦੀ ਹਿਦਾਇਤ ਬਖ਼ਸ਼ੇ।

21. ਦੂਜੀਆਂ ਗ਼ਨੀਮਤਾਂ ਵੀ ਬਖ਼ਸ਼ੀਆਂ, ਜਿਨ੍ਹਾਂ 'ਤੇ ਤੁਸੀਂ ਕਾਬੂ ਨਹੀਂ ਸੀ ਪਾ ਸਕਦੇ। ਪਰ ਅੱਲਾਹ ਨੇ ਉਹਨਾਂ ਸਭ ਨੂੰ ਆਪਣੇ ਘੇਰੇ ਵਿਚ ਕਰ ਰੱਖਿਆ ਹੈ। ਅੱਲਾਹ ਨੂੰ ਹਰ ਪ੍ਰਕਾਰ ਦੀ ਸਾਮਰਥਾ ਪ੍ਰਾਪਤ ਹੈ।

وأخرى لم تقدروا عليها قد أحاط الله بها وكان الله على كل شيء قديرا ﴿٢١﴾

22. ਜੇ (ਖ਼ੈਬਰ ਵਿਚ) ਉਹ ਕਾਫ਼ਿਰ ਤੁਹਾਡੇ ਨਾਲ ਲੜਦੇ ਤਾਂ ਫੇਰ ਉਹ ਜ਼ਰੂਰ ਹੀ ਪਿੱਠ ਵਿਖਾ ਜਾਂਦੇ। ਫੇਰ ਉਹਨਾਂ ਨੂੰ ਨਾ ਕੋਈ ਮਿੱਤਰ ਤੇ ਨਾ ਹੀ ਕੋਈ ਸਹਾਈ ਲੱਭਦਾ।

ولو قاتلكم الذين كفروا لولوا الأدبار ثم لا يجدون وليا ولا نصيرا ﴿٢٢﴾

23. ਇਹੋ ਅੱਲਾਹ ਦੀ ਮਰਿਆਦਾ ਹੈ ਜੋ ਮੁੱਢੋਂ ਚੱਲੀ ਆ ਰਹੀ ਹੈ। ਤੁਸੀਂ ਅੱਲਾਹ ਦੀ ਮਰਿਆਦਾ ਵਿਚ ਕਦੇ ਵੀ ਤਬਦੀਲੀ ਨਹੀਂ ਵੇਖੋਗੇ।

سنة الله التي قد خلت من قبل ولن تجد لسنة الله تبديلا ﴿٢٣﴾

24. ਉਹ ਅੱਲਾਹ ਹੀ ਹੈ ਜਿਸ ਨੇ ਮੱਕੇ ਦੀ ਘਾਟੀ ਵਿਚ ਉਹਨਾਂ (ਕਾਫ਼ਿਰਾਂ) ਦੇ ਹੱਥ ਤੁਹਾਥੋਂ ਅਤੇ ਤੁਹਾਡੇ ਹੱਥ ਉਹਨਾਂ ਤੋਂ ਰੋਕ ਦਿੱਤੇ (ਭਾਵ ਲੜਾਈ ਨਹੀਂ ਹੋਈ), ਜਦੋਂ ਕਿ ਇਸ ਦੇ ਮਗਰੋਂ ਉਸ (ਅੱਲਾਹ) ਨੇ ਤੁਹਾਨੂੰ ਉਹਨਾਂ ਉੱਤੇ ਕਾਬੂ ਕਰ ਛੱਡਿਆ ਸੀ। ਅੱਲਾਹ ਉਹ ਸਭ ਕੁੱਝ ਵੇਖ ਰਿਹਾ ਹੈ ਜੋ ਤੁਸੀਂ ਕਰ ਰਹੇ ਹੋ।

وهو الذي كف أيديهم عنكم وأيديكم عنهم ببطن مكة من بعد أن أظفركم عليهم وكان الله بما تعملون بصيرا ﴿٢٤﴾

25. ਇਹ ਉਹ ਲੋਕ ਹਨ ਜਿਨ੍ਹਾਂ ਨੇ (ਤੁਹਾਡਾ) ਇਨਕਾਰ ਕੀਤਾ ਅਤੇ ਤੁਹਾਨੂੰ ਸਤਿਕਾਰਯੋਗ ਮਸੀਤ (ਖ਼ਾਨਾ-ਕਾਅਬਾ) ਜਾਣ ਤੋਂ ਰੋਕਿਆ ਅਤੇ ਕੁਰਬਾਨੀ ਦੇ ਜਾਨਵਰਾਂ ਨੂੰ ਵੀ ਕੁਰਬਾਨਗਾਹ ਜਾਣ ਤੋਂ ਰੋਕੀ ਰੱਖਿਆ। ਜੇ (ਮੱਕੇ ਵਿਖੇ) ਕੁੱਝ ਈਮਾਨ ਵਾਲੇ ਪੁਰਸ਼ ਅਤੇ ਈਮਾਨ ਵਾਲੀ ਇਸਤਰੀਆਂ ਨਾ ਹੁੰਦੀਆਂ ਜਿਨ੍ਹਾਂ (ਦੇ ਈਮਾਨ) ਨੂੰ ਤੁਸੀਂ ਜਾਣਦੇ ਵੀ ਨਹੀਂ ਸੀ, (ਜੇ ਇਹ ਖ਼ਤਰਾ ਨਾ ਹੁੰਦਾ ਕਿ) ਤੁਸੀਂ (ਕਾਫ਼ਿਰਾਂ ਨਾਲ ਲੜਦੇ ਹੋਏ) ਉਹਨਾਂ (ਈਮਾਨ ਵਾਲਿਆਂ) ਨੂੰ ਵੀ ਲਤਾੜ ਸੁੱਟੋਗੇ ਤੇ ਅਣਜਾਣਪੁਣੇ ਵਿਚ ਹੋਏ ਉਹਨਾਂ ਦੇ ਕਤਲ

هم الذين كفروا وصدوكم عن المسجد الحرام والهدي معكوفا أن يبلغ محله ولولا رجال مؤمنون ونساء مؤمنات لم تعلموهم أن تطئوهم فتصيبكم منهم معرة بغير علم ليدخل الله في رحمته من يشاء لو تزيلوا لعذبنا الذين كفروا منهم عذابا أليما ﴿٢٥﴾

ਕਾਰਨ ਤੁਹਾਨੂੰ ਦੁੱਖ ਹੁੰਦਾ (ਤਾਂ ਤੁਹਾਨੂੰ ਲੜਨ ਦੀ ਆਗਿਆ ਦੇ ਦਿੱਤੀ ਜਾਂਦੀ, ਪਰ ਇੰਜ ਨਹੀਂ ਕੀਤਾ) ਤਾਂ ਜੋ ਅੱਲਾਹ ਜਿਸ ਨੂੰ ਚਾਹੇ ਆਪਣੀਆਂ ਮਿਹਰਾਂ ਵਿਚ ਦਾਖ਼ਲ ਕਰ ਲਵੇ। ਜੇ ਉਹ (ਈਮਾਨ ਵਾਲੇ ਤੇ ਇਨਕਾਰੀ) ਵੱਖਰੇ-ਵੱਖਰੇ ਹੋ ਜਾਂਦੇ ਤਾਂ ਜਿਹੜੇ ਉਹਨਾਂ ਵਿੱਚੋਂ ਇਨਕਾਰੀ ਸੀ, ਅਸੀਂ ਉਹਨਾਂ ਨੂੰ ਦੁਖਦਾਈ ਸਜ਼ਾ ਦਿੰਦੇ।

26 ਜਿਹੜੇ ਲੋਕਾਂ ਨੇ ਕੁਫ਼ਰ ਕੀਤਾ ਜਦੋਂ ਉਹਨਾਂ ਨੇ ਆਪਣੇ ਦਿਲਾਂ ਵਿਚ ਹਟਧਰਮੀ ਪੈਦਾ ਕਰ ਲਈ, ਹਟਧਰਮੀ ਵੀ ਅਗਿਆਨਤਾ ਵਾਲੀ, ਤਾਂ ਅੱਲਾਹ ਨੇ ਆਪਣੇ ਰਸੂਲ ਤੇ ਮੋਮਿਨਾਂ ਉੱਤੇ ਸਕੀਨਤ (ਸ਼ਾਂਤੀ) ਉਤਾਰੀ ਅਤੇ ਉਹਨਾਂ ਨੂੰ ਅੱਲਾਹ ਦੇ ਡਰ ਉੱਤੇ ਕਾਇਮ ਰੱਖਿਆ, ਕਿਉਂ ਜੋ ਉਹੀਓ ਉਸ ਦੇ ਵਧੇਰੇ ਹੱਕਦਾਰ ਤੇ ਯੋਗ ਸਨ। ਅੱਲਾਹ ਹਰੇਕ ਚੀਜ਼ ਦਾ ਗਿਆਨ ਰੱਖਦਾ ਹੈ।

إِذْ جَعَلَ الَّذِينَ كَفَرُوا فِي قُلُوبِهِمُ الْحَمِيَّةَ حَمِيَّةَ الْجَاهِلِيَّةِ فَأَنْزَلَ اللَّهُ سَكِينَتَهُ عَلَى رَسُولِهِ وَعَلَى الْمُؤْمِنِينَ وَأَلْزَمَهُمْ كَلِمَةَ التَّقْوَى وَكَانُوا أَحَقَّ بِهَا وَأَهْلَهَا وَكَانَ اللَّهُ بِكُلِّ شَيْءٍ عَلِيمًا (26)

27. ਬੇਸ਼ੱਕ ਅੱਲਾਹ ਨੇ ਆਪਣੇ ਰਸੂਲ ਨੂੰ ਸੁਪਨੇ ਵਿਚ ਹੱਕ-ਸੱਚ ਨਾਲ ਸੂਚਨਾ ਦਿੱਤੀ ਸੀ ਕਿ ਜੇ ਅੱਲਾਹ ਨੇ ਚਾਹਿਆ ਤਾਂ ਤੁਸੀਂ ਆਪਣੇ ਸਿਰ ਮੁਨਵਾਉਂਦੇ ਹੋਏ ਅਤੇ ਆਪਣੇ ਵਾਲ ਕੁਤਰਵਾਉਂਦੇ ਹੋਏ ਸਤਿਕਾਰਯੋਗ ਮਸੀਤ (ਖ਼ਾਨਾ-ਕਾਅਬਾ) ਵਿਖੇ ਜ਼ਰੂਰ ਹੀ ਪ੍ਰਵੇਸ਼ ਕਰੋਗੇ। ਤੁਹਾਨੂੰ (ਕਿਸੇ ਦਾ ਵੀ) ਕੋਈ ਡਰ ਨਹੀਂ ਹੋਵੇਗਾ। ਅੱਲਾਹ ਉਹ ਗੱਲਾਂ ਜਾਣਦਾ ਹੈ ਜੋ ਤੁਸੀਂ ਨਹੀਂ ਜਾਣਦੇ। ਸੋ ਉਸ ਅੱਲਾਹ ਨੇ ਉਸ (ਫ਼ਤਿਹ ਮੱਕਾ) ਤੋਂ ਪਹਿਲਾਂ ਤੁਹਾਨੂੰ ਇਕ ਨੇੜੇ ਦੀ ਫ਼ਤਿਹ (ਭਾਵ ਸੁਲੇਹ ਹੁਦੈਬੀਆ) ਬਖ਼ਸ਼ੀ ਹੈ।

لَقَدْ صَدَقَ اللَّهُ رَسُولَهُ الرُّؤْيَا بِالْحَقِّ لَتَدْخُلُنَّ الْمَسْجِدَ الْحَرَامَ إِنْ شَاءَ اللَّهُ آمِنِينَ مُحَلِّقِينَ رُءُوسَكُمْ وَمُقَصِّرِينَ لَا تَخَافُونَ فَعَلِمَ مَا لَمْ تَعْلَمُوا فَجَعَلَ مِنْ دُونِ ذَلِكَ فَتْحًا قَرِيبًا (27)

28 ਉਹ ਅੱਲਾਹ ਹੀ ਤਾਂ ਹੈ ਜਿਸ ਨੇ ਆਪਣੇ ਰਸੂਲ ਨੂੰ ਹਿਦਾਇਤ ਅਤੇ ਸੱਚਾ ਧਰਮ ਦੇ ਕੇ ਘੱਲਿਆ ਹੈ ਤਾਂ ਜੋ ਉਹ ਇਸ ਧਰਮ (ਇਸਲਾਮ) ਨੂੰ ਸਾਰੇ ਧਰਮਾਂ ਉੱਤੇ ਗ਼ਾਲਿਬ (ਭਾਰੂ) ਕਰ ਦੇਵੇ ਅਤੇ ਇਸ ਦੇ ਹੱਕ ਹੋਣ 'ਤੇ ਅੱਲਾਹ ਦੀ ਗਵਾਹੀ ਕਾਫ਼ੀ ਹੈ।

هُوَ الَّذِي أَرْسَلَ رَسُولَهُ بِالْهُدَى وَدِينِ الْحَقِّ لِيُظْهِرَهُ عَلَى الدِّينِ كُلِّهِ وَكَفَى بِاللَّهِ شَهِيدًا (28)

29. ਮੁਹੰਮਦ (ਸ:) ਅੱਲਾਹ ਦੇ ਰਸੂਲ ਹਨ ਅਤੇ ਜਿਹੜੇ ਲੋਕ ਉਹਨਾਂ ਨਾਲ (ਭਾਵ ਸਹਾਬੀ) ਹਨ, ਉਹ ਕਾਫ਼ਿਰਾਂ ਲਈ ਤਾਂ ਬਹੁਤ ਕਰੜੇ ਤੇ ਕਠੋਰ ਹਨ ਪਰ ਆਪੋ ਵਿਚ ਅਤਿਅੰਤ ਮਿਹਰਬਾਨ ਹਨ। ਤੁਸੀਂ ਉਹਨਾਂ ਨੂੰ ਰੁਕੂਅ ਤੇ ਸਿਜਦਾ ਕਰਦੇ ਹੋਏ ਵੇਖੋਗੇ ਅਤੇ ਉਹ ਅੱਲਾਹ ਦੀ ਕ੍ਰਿਪਾਲਤਾ ਤੇ ਰਜ਼ਾ ਦੀ ਭਾਲ ਵਿਚ ਰੁਝੇ ਰਹਿੰਦੇ ਹਨ। ਉਹਨਾਂ ਦੀ ਵਿਸ਼ੇਸ਼ ਪਛਾਣ ਉਹਨਾਂ ਦੇ ਮੱਥਿਆਂ ਉੱਤੇ ਸਿਜਦਿਆਂ ਦੇ ਨਿਸ਼ਾਨ ਹਨ। ਉਹਨਾਂ ਦੀ ਇਹੋ ਸਿਫ਼ਤ ਤੌਰੇਤ ਵਿਚ ਹੈ ਅਤੇ ਇੰਜੀਲ ਵਿਚ ਉਹਨਾਂ ਦੀ ਇਹ ਸਿਫ਼ਤ ਉਸ ਖੇਤੀ ਵਾਂਗ ਹੈ ਜਿਸ ਨੇ ਆਪਣੀ ਪਹਿਲੀ ਕੂਈ ਕੱਢੀ, ਫੇਰ ਉਸ ਨੂੰ ਪਕਿਆਈ ਦਿੱਤੀ, ਫੇਰ ਉਹ ਗਦਰਾਈ ਅਤੇ ਫੇਰ ਆਪਣੀ ਨਾਲੀ ਉੱਤੇ ਖਲੋ ਗਈ। ਕਿਸਾਨਾਂ ਨੂੰ ਉਹ (ਖੇਤੀ) ਖ਼ੁਸ਼ ਕਰ ਦਿੰਦੀ ਹੈ। ਅੱਲਾਹ ਨੇ ਇਹ ਇਸ ਲਈ ਕੀਤਾ ਹੈ ਤਾਂ ਜੋ ਇਹਨਾਂ (ਸਹਾਬਾ) ਦੇ ਕਾਰਨ ਕਾਫ਼ਿਰ ਸੜ ਜਾਣ। ਅੱਲਾਹ ਨੇ ਉਹਨਾਂ ਲੋਕਾਂ ਲਈ (ਜਿਹੜੇ ਈਮਾਨ ਲਿਆਏ ਅਤੇ ਨੇਕ ਤੇ ਭਲੇ ਕੰਮ ਕੀਤੇ) ਬਖ਼ਸ਼ਿਸ਼ ਅਤੇ ਵੱਡੇ ਉੱਚੇ ਦਰਜੇ ਦਾ ਬਦਲਾ ਦੇਣ ਦਾ ਵਚਨ ਦਿੱਤਾ ਹੈ।

مُحَمَّدٌ رَّسُولُ اللَّهِ ۚ وَالَّذِينَ مَعَهُ أَشِدَّاءُ
عَلَى الْكُفَّارِ رُحَمَاءُ بَيْنَهُمْ ۖ تَرَاهُمْ رُكَّعًا سُجَّدًا
يَبْتَغُونَ فَضْلًا مِّنَ اللَّهِ وَرِضْوَانًا ۖ سِيمَاهُمْ
فِي وُجُوهِهِم مِّنْ أَثَرِ السُّجُودِ ۚ ذَٰلِكَ مَثَلُهُمْ
فِي التَّوْرَاةِ ۚ وَمَثَلُهُمْ فِي الْإِنجِيلِ كَزَرْعٍ
أَخْرَجَ شَطْأَهُ فَآزَرَهُ فَاسْتَغْلَظَ فَاسْتَوَىٰ عَلَىٰ
سُوقِهِ يُعْجِبُ الزُّرَّاعَ لِيَغِيظَ بِهِمُ الْكُفَّارَ ۗ
وَعَدَ اللَّهُ الَّذِينَ آمَنُوا وَعَمِلُوا الصَّالِحَاتِ مِنْهُم
مَّغْفِرَةً وَأَجْرًا عَظِيمًا ﴿٢٩﴾

49. ਸੂਰਤ ਅਲ-ਹੁਜੁਰਾਤ (ਮਦਨੀ-108)

سُورَةُ الْحُجُرَاتِ

(ਆਇਤਾਂ 18, ਰੁਕੂਅ 2)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹੀਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਹੇ ਈਮਾਨ ਵਾਲਿਓ। ਅੱਲਾਹ ਅਤੇ ਉਸ ਦੇ ਰਸੂਲ (ਮੁਹੰਮਦ ਸ:) ਤੋਂ (ਕਿਸੇ ਪੱਖੋਂ ਵੀ) ਅਗਾਂਹ ਨਾ ਵਧੋ[1]

يَا أَيُّهَا الَّذِينَ آمَنُوا لَا تُقَدِّمُوا بَيْنَ يَدَيِ اللَّهِ
وَرَسُولِهِ ۖ وَاتَّقُوا اللَّهَ ۚ إِنَّ اللَّهَ سَمِيعٌ عَلِيمٌ ﴿١﴾

[1] ਭਾਵ ਦੀਨ ਦੇ ਮਾਮਲੇ ਵਿਚ ਅੱਲਾਹ ਅਤੇ ਉਸ ਦੇ ਰਸੂਲ ਤੋਂ ਅੱਗੇ ਵਧਣ ਦੀ ਕੋਸ਼ਿਸ਼ ਨਹੀਂ ਕਰਨੀ ਚਾਹੀਦੀ ਕਿਉਂ ਜੋ ਅੱਲਾਹ ਤਆਲਾ ਨੇ ਇਸ ਦੀ ਸਖ਼ਤ ਨਖੇਦੀ ਕੀਤੀ ਹੈ। ਜਿਹੜਾ ਕੋਈ ਦੀਨ ਦੇ ਵਿਚ ਨਵੀਂ ਗੱਲ ਵਧਾਉਂਦਾ ਹੈ ਉਸ ਨੂੰ ਬਿਦਅਤੀ ਕਿਹਾ ਜਾਂਦਾ ਹੈ।

ਅਤੇ ਅੱਲਾਹ ਤੋਂ ਡਰਦੇ ਰਿਹਾ ਕਰੋ, ਅੱਲਾਹ (ਹਰ ਗੱਲ) ਸੁਣਨ ਵਾਲਾ ਅਤੇ ਜਾਣਨ ਵਾਲਾ ਹੈ।

2. ਹੇ ਈਮਾਨ ਵਾਲਿਓ! ਆਪਣੀਆਂ ਆਵਾਜ਼ਾਂ ਨਬੀ (ਮੁਹੰਮਦ ਸ:) ਦੀ ਅਵਾਜ਼ ਨਾਲੋਂ ਉੱਚੀ ਨਾ ਕਰੋ ਅਤੇ ਨਾ ਹੀ ਉਹਨਾਂ ਨਾਲ ਉੱਚੀ ਆਵਾਜ਼ ਕਰਕੇ ਗੱਲ ਕਰੋ ਜਿਵੇਂ ਤੁਸੀਂ ਇਕ-ਦੂਜੇ ਨਾਲ ਉੱਚੀ ਆਵਾਜ਼ ਨਾਲ ਗੱਲਬਾਤ ਕਰਦੇ ਹੋ। ਕਿਤੇ ਇੰਜ ਨਾ ਹੋਵੇ ਕਿ ਤੁਹਾਡੇ ਕਿਤੇ ਕਰਾਏ ਸਾਰੇ ਕੰਮ ਵਿਅਰਥ ਹੀ ਚਲੇ ਜਾਣ ਅਤੇ ਤੁਹਾਨੂੰ ਪਤਾ ਵੀ ਨਾ ਲੱਗੇ।

يٰۤاَيُّهَا الَّذِيْنَ اٰمَنُوْا لَا تَرْفَعُوْۤا اَصْوَاتَكُمْ فَوْقَ
صَوْتِ النَّبِيِّ وَلَا تَجْهَرُوْا لَهٗ بِالْقَوْلِ كَجَهْرِ
بَعْضِكُمْ لِبَعْضٍ اَنْ تَحْبَطَ اَعْمَالُكُمْ وَاَنْتُمْ
لَا تَشْعُرُوْنَ ٢

3. ਜਿਹੜੇ ਲੋਕ ਅੱਲਾਹ ਦੇ ਪੈਗ਼ੰਬਰ (ਮੁਹੰਮਦ ਸ:) ਦੀ ਹਜ਼ੂਰੀ ਵਿਚ ਆਪਣੀਆਂ ਆਵਾਜ਼ਾਂ ਨੀਵੀਆਂ ਰੱਖਦੇ ਹਨ, ਇਹੋ ਉਹ ਲੋਕ ਹਨ ਜਿਨ੍ਹਾਂ ਦੇ ਦਿਲਾਂ ਦੀ ਪਰਖ ਅੱਲਾਹ ਨੇ ਪਰਹੇਜ਼ਗਾਰੀ ਲਈ ਕਰ ਲਈ ਹੈ। ਉਹਨਾਂ ਲਈ (ਅੱਲਾਹ ਵੱਲੋਂ) ਬਖ਼ਸ਼ਿਸ਼ ਹੈ ਅਤੇ (ਚੰਗੇ ਕੰਮਾਂ ਦਾ) ਬਹੁਤ ਵੱਡਾ ਬਦਲਾ ਹੈ।

اِنَّ الَّذِيْنَ يَغُضُّوْنَ اَصْوَاتَهُمْ عِنْدَ رَسُوْلِ اللّٰهِ
اُولٰٓئِكَ الَّذِيْنَ امْتَحَنَ اللّٰهُ قُلُوْبَهُمْ لِلتَّقْوٰى
لَهُمْ مَّغْفِرَةٌ وَّاَجْرٌ عَظِيْمٌ ٣

4. (ਹੇ ਨਬੀ!) ਜਿਹੜੇ ਲੋਕ ਤੁਹਾਨੂੰ ਕਮਰਿਆਂ ਦੇ ਬਾਹਰੋਂ ਆਵਾਜ਼ਾਂ ਦਿੰਦੇ ਹਨ ਉਹਨਾਂ ਵਿੱਚੋਂ ਬਹੁਤੇ ਲੋਕ ਬੇ-ਅਕਲ ਹਨ।

اِنَّ الَّذِيْنَ يُنَادُوْنَكَ مِنْ وَّرَآءِ الْحُجُرٰتِ
اَكْثَرُهُمْ لَا يَعْقِلُوْنَ ٤

5 ਜੇ ਉਹ ਲੋਕ ਸਬਰ ਤੋਂ ਕੰਮ ਲੈਂਦੇ ਕਿ ਤੁਸੀਂ ਆਪ ਹੀ ਉਹਨਾਂ ਕੋਲ ਆ ਜਾਂਦੇ ਤਾਂ ਉਹਨਾਂ ਲਈ ਵਧੇਰੇ ਚੰਗਾ ਹੁੰਦਾ। ਅੱਲਾਹ ਵੱਡਾ ਬਖ਼ਸ਼ਣਹਾਰ ਅਤੇ ਮਿਹਰਬਾਨ ਹੈ।

وَلَوْ اَنَّهُمْ صَبَرُوْا حَتّٰى تَخْرُجَ اِلَيْهِمْ لَكَانَ
خَيْرًا لَّهُمْ ۚ وَاللّٰهُ غَفُوْرٌ رَّحِيْمٌ ٥

6 ਹੇ ਈਮਾਨ ਵਾਲਿਓ। ਜੇ ਕੋਈ ਝੂਠਾ ਵਿਅਕਤੀ ਤੁਹਾਨੂੰ ਕੋਈ ਸੂਚਨਾ ਦੇਵੇ ਤਾਂ ਉਸ ਦੀ ਜਾਂਚ-ਪੜ੍ਹਤਾਲ ਕਰ ਲਿਆ ਕਰੋ। ਇੰਜ ਨਾ ਹੋਵੇ ਕਿ ਤੁਸੀਂ ਕਿਸੇ ਕੌਮ ਨੂੰ ਅਣਜਾਣਪੁਣੇ ਵਿਚ ਨੁਕਸਾਨ ਪੁਚਾ ਬੈਠੋ ਅਤੇ ਫੇਰ ਤੁਹਾਨੂੰ ਆਪਣੀ ਕਰਨੀ 'ਤੇ ਪਛਤਾਵਾ ਹੋਵੇ।

يٰۤاَيُّهَا الَّذِيْنَ اٰمَنُوْۤا اِنْ جَآءَكُمْ فَاسِقٌۢ بِنَبَاٍ
فَتَبَيَّنُوْۤا اَنْ تُصِيْبُوْا قَوْمًۢا بِجَهَالَةٍ فَتُصْبِحُوْا
عَلٰى مَا فَعَلْتُمْ نٰدِمِيْنَ ٦

وَاعْلَمُوٓا أَنَّ فِيكُمْ رَسُولَ ٱللَّهِ ۚ لَوْ يُطِيعُكُمْ
فِى كَثِيرٍ مِّنَ ٱلْأَمْرِ لَعَنِتُّمْ وَلَٰكِنَّ ٱللَّهَ حَبَّبَ
إِلَيْكُمُ ٱلْإِيمَٰنَ وَزَيَّنَهُۥ فِى قُلُوبِكُمْ وَكَرَّهَ
إِلَيْكُمُ ٱلْكُفْرَ وَٱلْفُسُوقَ وَٱلْعِصْيَانَ ۚ
أُو۟لَٰٓئِكَ هُمُ ٱلرَّٰشِدُونَ ۝

7 ਭਲੀ ਭਾਂਤ ਜਾਣ ਜਾਓ! ਕਿ ਤੁਹਾਡੇ ਵਿਚਾਲੇ ਅੱਲਾਹ ਦਾ ਰਸੂਲ ਮੌਜੂਦ ਹੈ। ਜੇ ਉਹ ਸਾਰੇ ਮਾਮਲਿਆਂ ਵਿਚ ਤੁਹਾਡੀ ਗੱਲ ਮੰਨ ਲਿਆ ਕਰੇ ਤਾਂ ਤੁਸੀਂ ਆਪੋ ਔਕੜਾਂ ਵਿਚ ਫਸ ਜਾਵੋ, ਪਰ ਅੱਲਾਹ ਨੇ ਤੁਹਾਨੂੰ ਈਮਾਨ ਦਾ ਮੋਹ ਬਖ਼ਸ਼ਿਆ ਅਤੇ ਉਸ ਨੂੰ ਤੁਹਾਡੇ ਲਈ ਮਨ-ਭਾਉਂਦਾ ਬਣਾ ਦਿੱਤਾ ਅਤੇ ਉਸ ਨੇ ਤੁਹਾਡੇ ਲਈ ਕੁਫ਼ਰ, ਝੂਠ ਤੇ ਅਵੱਗਿਆ ਨੂੰ ਨਾ-ਪਸੰਦ ਬਣਾ ਛੱਡਿਆ ਹੈ। ਇਹੋ ਲੋਕ ਸਿੱਧੀ ਰਾਹ ਚੱਲਣ ਵਾਲੇ ਤੇ ਹਿਦਾਇਤ ਵਾਲੇ ਹਨ।

فَضْلًا مِّنَ ٱللَّهِ وَنِعْمَةً ۚ وَٱللَّهُ عَلِيمٌ
حَكِيمٌ ۝

8 ਇਹ ਸਭ ਅੱਲਾਹ ਦਾ ਅਹਿਸਾਨ ਅਤੇ ਇਨਾਮ ਹੈ ਅਤੇ ਅੱਲਾਹ ਸਭ ਕੁੱਝ ਜਾਣਨ ਵਾਲਾ ਅਤੇ ਯੁਕਤੀਮਾਨ (ਹਿਕਮਤ) ਵਾਲਾ ਹੈ।

وَإِن طَآئِفَتَانِ مِنَ ٱلْمُؤْمِنِينَ ٱقْتَتَلُوا۟
فَأَصْلِحُوا۟ بَيْنَهُمَا ۖ فَإِنۢ بَغَتْ إِحْدَىٰهُمَا عَلَى
ٱلْأُخْرَىٰ فَقَٰتِلُوا۟ ٱلَّتِى تَبْغِى حَتَّىٰ تَفِىٓءَ إِلَىٰٓ أَمْرِ
ٱللَّهِ ۚ فَإِن فَآءَتْ فَأَصْلِحُوا۟ بَيْنَهُمَا بِٱلْعَدْلِ
وَأَقْسِطُوٓا۟ ۖ إِنَّ ٱللَّهَ يُحِبُّ ٱلْمُقْسِطِينَ ۝

9. ਅਤੇ (ਹੇ ਮੁਸਲਮਾਨੋ!) ਜੇ ਈਮਾਨ ਵਾਲਿਆਂ ਦੇ ਦੋ ਧੜੇ ਆਪੋ ਵਿਚ ਲੜ ਪੈਣ ਤਾਂ ਉਹਨਾਂ ਵਿਚਾਲੇ ਮੇਲ-ਮਿਲਾਪ ਕਰਾ ਦਿਓ। (ਜੇ ਉਹਨਾਂ ਵਿਚਾਲੇ ਸੁਲਾਹ ਨਾ ਹੋਵੇ ਤਾਂ) ਫੇਰ ਜਿਹੜਾ ਉਹਨਾਂ 'ਚੋਂ ਦੂਜੇ ਨਾਲ ਵਧੀਕੀ ਕਰਦਾ ਹੈ ਤਾਂ ਤੁਸੀਂ ਵਧੀਕੀ ਕਰਨ ਵਾਲੇ ਨਾਲ ਲੜੋ, ਇੱਥੋਂ ਤਕ ਕਿ ਉਹ ਅੱਲਾਹ ਦੇ ਹੁਕਮਾਂ ਨੂੰ ਮੰਨਣ ਵਾਲਾ ਬਣ ਜਾਵੇ। ਜੇ ਉਹ ਸਲਾਹ ਵੱਲ ਪਰਤ ਆਵੇ ਤਾਂ ਇਨਸਾਫ਼ ਨਾਲ ਸੁਲਾਹ ਕਰਵਾ ਦਿਓ ਅਤੇ ਨਿਆ ਕਰੋ, ਕਿਉਂ ਜੋ ਅੱਲਾਹ ਨਿਆ ਕਰਨ ਵਾਲਿਆਂ ਨੂੰ ਹੀ ਮੁਹੱਬਤ ਕਰਦਾ ਹੈ।

إِنَّمَا ٱلْمُؤْمِنُونَ إِخْوَةٌ فَأَصْلِحُوا۟ بَيْنَ أَخَوَيْكُمْ ۚ
وَٱتَّقُوا۟ ٱللَّهَ لَعَلَّكُمْ تُرْحَمُونَ ۝

10 (ਯਾਦ ਰੱਖੋ ਕਿ) ਸਾਰੇ ਹੀ ਈਮਾਨ ਵਾਲੇ (ਇਕ-ਦੂਜੇ ਦੇ) ਭਰਾ ਹਨ, ਸੋ ਤੁਸੀਂ ਆਪਣੇ ਭਰਾਵਾਂ ਵਿਚਾਲੇ (ਜੇ ਲੜਾਈ ਹੋ ਜਾਵੇ) ਸੁਲਾਹ ਕਰਾ ਦਿਆ ਕਰੋ ਅਤੇ ਅੱਲਾਹ ਤੋਂ ਡਰੋ ਤਾਂ ਜੋ ਤੁਹਾਡੇ 'ਤੇ ਮਿਹਰ ਕੀਤੀ ਜਾਵੇ।

11 ਹੇ ਈਮਾਨ ਵਾਲਿਓ! ਪੁਰਸ਼ਾਂ ਦਾ ਕੋਈ ਧੜਾ ਦੂਜੇ ਪੁਰਸ਼ਾਂ ਦਾ ਮਖੌਲ ਨਾ ਉਡਾਵੇ, ਹੋ ਸਕਦਾ ਹੈ ਕਿ ਉਹ ਲੋਕ ਉਹਨਾਂ ਨਾਲੋਂ ਚੰਗੇਰੇ ਹੋਣ, ਅਤੇ ਨਾ ਹੀ ਜ਼ਨਾਨੀਆਂ ਦੂਜੀਆਂ ਜ਼ਨਾਨੀਆਂ ਦਾ ਮਖੌਲ ਉਡਾਉਣ, ਹੋ ਸਕਦਾ ਹੈ ਕਿ ਉਹ (ਜ਼ਨਾਨੀਆਂ) ਉਹਨਾਂ ਨਾਲੋਂ ਚੰਗੀਆਂ ਹੋਣ। ਅਤੇ ਆਪਸ ਵਿਚ ਇਕ ਦੂਜੇ ਦੀਆਂ ਬੁਰਾਈਆਂ ਨਾ ਕਰੋ, ਨਾ ਹੀ ਕਿਸੇ ਨੂੰ ਭੈੜੇ ਨਾਂ ਨਾਲ ਪੁਕਾਰੋ, ਈਮਾਨ ਲਿਆਉਣ ਮਗਰੋਂ ਭੈੜੇ ਨਾਂ ਨਾਲ ਪੁਕਾਰਨਾ ਗੁਨਾਹ ਹੈ। ਜਿਹੜੇ ਲੋਕ (ਗੁਨਾਹ ਕਰਨ ਮਗਰੋਂ) ਤੌਬਾ ਨਹੀਂ ਕਰਦੇ ਉਹੀਓ ਜ਼ਾਲਿਮ ਹਨ।

يَٰٓأَيُّهَا ٱلَّذِينَ ءَامَنُوا۟ لَا يَسْخَرْ قَوْمٌ مِّن قَوْمٍ عَسَىٰٓ أَن يَكُونُوا۟ خَيْرًا مِّنْهُمْ وَلَا نِسَآءٌ مِّن نِّسَآءٍ عَسَىٰٓ أَن يَكُنَّ خَيْرًا مِّنْهُنَّ ۖ وَلَا تَلْمِزُوٓا۟ أَنفُسَكُمْ وَلَا تَنَابَزُوا۟ بِٱلْأَلْقَٰبِ ۖ بِئْسَ ٱلِٱسْمُ ٱلْفُسُوقُ بَعْدَ ٱلْإِيمَٰنِ ۚ وَمَن لَّمْ يَتُبْ فَأُو۟لَٰٓئِكَ هُمُ ٱلظَّٰلِمُونَ ﴿١١﴾

12 ਹੇ ਈਮਾਨ ਵਾਲਿਓ! ਬਹੁਤੇ ਗੁਮਾਨ ਕਰਨ ਤੋਂ ਬਚੋ ਕਿਉਂ ਜੋ ਕਈ ਗੁਮਾਨ ਤਾਂ ਗੁਨਾਹ ਹੁੰਦੇ ਹਨ। ਤੁਸੀਂ ਇਕ ਦੂਜੇ ਦੀ ਟੋਹ ਵਿਚ ਨਾ ਰਹੋ ਅਤੇ ਨਾ ਹੀ ਤੁਹਾਡੇ ਵਿੱਚੋਂ ਕੋਈ ਕਿਸੇ ਦੀ ਚੁਗ਼ਲੀ ਕਰੇ। ਕੀ ਤੁਹਾਡੇ ਵਿੱਚੋਂ ਕੋਈ ਆਪਣੇ ਮਰੇ ਹੋਏ ਭਰਾ ਦਾ ਮਾਸ ਖਾਣਾ ਪਸੰਦ ਕਰੇਗਾ? ਸਗੋਂ ਤੁਹਾਨੂੰ ਤਾਂ ਇਸ ਤੋਂ ਘ੍ਰਿਣਾ ਆਵੇਗੀ।[1] ਅੱਲਾਹ ਤੋਂ ਡਰੋ (ਜੇ ਕੋਈ ਪਾਪ ਹੋ ਗਿਆ ਤਾਂ ਤੌਬਾ ਕਰੋ) ਬੇਸ਼ੱਕ ਅੱਲਾਹ ਤੌਬਾ ਕਬੂਲਣ ਵਾਲਾ ਅਤੇ ਮਿਹਰਬਾਨ ਹੈ।

يَٰٓأَيُّهَا ٱلَّذِينَ ءَامَنُوا۟ ٱجْتَنِبُوا۟ كَثِيرًا مِّنَ ٱلظَّنِّ إِنَّ بَعْضَ ٱلظَّنِّ إِثْمٌ ۖ وَلَا تَجَسَّسُوا۟ وَلَا يَغْتَب بَّعْضُكُم بَعْضًا ۚ أَيُحِبُّ أَحَدُكُمْ أَن يَأْكُلَ لَحْمَ أَخِيهِ مَيْتًا فَكَرِهْتُمُوهُ ۚ وَٱتَّقُوا۟ ٱللَّهَ ۚ إِنَّ ٱللَّهَ تَوَّابٌ رَّحِيمٌ ﴿١٢﴾

13 ਹੇ ਲੋਕੋ! ਅਸਾਂ ਤੁਹਾਨੂੰ ਸਭ ਨੂੰ ਇੱਕ ਪੁਰਸ਼ ਅਤੇ ਇਕ ਇਸਤਰੀ (ਆਦਮ ਤੇ ਹਵਾ) ਤੋਂ ਪੈਦਾ ਕੀਤਾ ਹੈ। ਇਕ ਦੂਜੇ ਦੀ ਪਛਾਣ ਲਈ ਤੁਹਾਡੇ ਖ਼ਾਨਦਾਨ ਅਤੇ ਕਬੀਲੇ (ਗੋਤਰ, ਬਰਾਦਰੀਆਂ) ਬਣਾ ਦਿੱਤੀਆਂ (ਪ੍ਰੰਤੂ)

يَٰٓأَيُّهَا ٱلنَّاسُ إِنَّا خَلَقْنَٰكُم مِّن ذَكَرٍ وَأُنثَىٰ وَجَعَلْنَٰكُمْ شُعُوبًا وَقَبَآئِلَ لِتَعَارَفُوٓا۟ ۚ إِنَّ أَكْرَمَكُمْ عِندَ ٱللَّهِ أَتْقَىٰكُمْ ۚ إِنَّ ٱللَّهَ عَلِيمٌ خَبِيرٌ ﴿١٣﴾

[1] ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਹੇ ਲੋਕੋ! ਤੁਸੀਂ ਬਦ ਗੁਮਾਨੀ ਤੋਂ ਬਚੋ ਕਿਉਂ ਜੋ ਬਦ-ਗੁਮਾਨੀ ਸਭ ਤੋਂ ਝੂਠੀ ਚੀਜ਼ ਹੈ। ਦੂਜਿਆਂ ਦੀ ਟੋਹ ਵਿਚ ਨਾ ਰਹੋ, ਕਿਸੇ ਦੇ ਐਬ ਨਾ ਲੱਭੋ ਨਾ ਇਕ ਦੂਜੇ ਤੋਂ ਵੱਧਣ ਦੀ ਬੇਜਾ ਲਾਲਸਾ ਕਰੋ ਅਤੇ ਨਾ ਆਪਸ ਵਿਚ ਈਰਖਾ ਕਰੋ ਅਤੇ ਨਾ ਇਕ ਦੂਜੇ ਤੋਂ ਮੂੰਹ ਫੇਰੋ। ਹੇ ਅੱਲਾਹ ਦੇ ਬੰਦਿਓ! ਆਪਸ ਵਿਚ ਭਾਈ ਭਾਈ ਬਣ ਕੇ ਰਹੋ। (ਸਹੀ ਬੁਖ਼ਾਰੀ, ਹਦੀਸ, 6066)

ਦੂਜੀ ਹਦੀਸ ਵਿਚ ਹੈ ਕਿ ਨਬੀ (ਸ:) ਦੋ ਕਬਰਾਂ ਦੇ ਨੇੜਿਓਂ ਲੰਘੇ ਤਾਂ ਆਪ ਨੇ ਫ਼ਰਮਾਇਆ ਕਿ ਇਨ੍ਹਾਂ ਕਬਰਾਂ ਵਾਲਿਆਂ ਨੂੰ ਅਜ਼ਾਬ ਹੋ ਰਿਹਾ ਹੈ ਕਿਉਂ ਜੋ ਇਨ੍ਹਾਂ ਵਿੱਚੋਂ ਇਕ ਪੇਸ਼ਾਬ ਦੇ ਛੀਟਿਆਂ ਤੋਂ ਨਹੀਂ ਬਚਦਾ ਸੀ ਅਤੇ ਦੂਜਾ ਚੁਗ਼ਲਖ਼ੋਰ ਸੀ। (ਸਹੀ ਬੁਖ਼ਾਰੀ, ਹਦੀਸ 6052)

ਅੱਲਾਹ ਦੀਆਂ ਨਜ਼ਰਾਂ ਵਿਚ ਸਭ ਤੋਂ ਵਧੇਰੇ ਆਦਰ-ਮਾਨ ਵਾਲਾ ਤੁਹਾਡੇ ਵਿੱਚੋਂ ਉਹੀਓ ਹੈ ਜਿਹੜਾ ਸਭ ਤੋਂ ਵੱਧ (ਰੱਬ ਤੋਂ) ਡਰਦਾ ਹੈ। ਬੇਸ਼ੱਕ ਅੱਲਾਹ ਸਭ ਕੁੱਝ ਜਾਣਦਾ ਹੈ ਅਤੇ ਹਰੇਕ ਗੱਲ ਦੀ ਖ਼ਬਰ ਰੱਖਦਾ ਹੈ।

14 ਦਿਹਾਤੀ (ਬੱਦੂ) ਆਖਦੇ ਹਨ ਕਿ ਅਸੀਂ ਈਮਾਨ ਲਿਆਏ ਹਾਂ। ਤੁਸੀਂ (ਹੇ ਨਬੀ!) ਉਹਨਾਂ ਨੂੰ ਆਖੋ ਕਿ (ਹਕੀਕਤ ਵਿਚ ਤਾਂ) ਤੁਸੀਂ ਈਮਾਨ ਨਹੀਂ ਲਿਆਏ, ਹਾਂ ਇੰਜ ਕਹੋ ਕਿ ਅਸੀਂ ਇਸਲਾਮ ਲਿਆਏ ਹਾਂ ਜਦ ਕਿ ਸੱਚ ਇਹ ਹੈ ਕਿ ਅਜਿਹੇ ਤਕ ਤੁਹਾਡੇ ਮਨਾਂ ਵਿਚ (ਸੱਚੇ) ਈਮਾਨ ਨੇ ਪ੍ਰਵੇਸ਼ ਨਹੀਂ ਕੀਤਾ। ਜੇ ਤੁਸੀਂ ਅੱਲਾਹ ਦੀ ਅਤੇ ਉਸ ਦੇ ਰਸੂਲ (ਮੁਹੰਮਦ ਸ:) ਦੀ ਫ਼ਰਮਾਂਬਰਦਾਰੀ ਕਰੋਗੇ ਤਾਂ ਅੱਲਾਹ ਤੁਹਾਡੇ ਅਮਲਾਂ ਵਿੱਚੋ ਕੁੱਝ ਵੀ ਘਾਟ ਨਹੀਂ ਕਰੇਗਾ। ਬੇਸ਼ੱਕ ਅੱਲਾਹ ਬਖ਼ਸ਼ਣਹਾਰ ਅਤੇ ਦਿਆਲੂ ਹੈ।

قَالَتِ الْأَعْرَابُ آمَنَّا ۖ قُل لَّمْ تُؤْمِنُوا وَلَٰكِن
قُولُوا أَسْلَمْنَا وَلَمَّا يَدْخُلِ الْإِيمَانُ فِي
قُلُوبِكُمْ ۖ وَإِن تُطِيعُوا اللَّهَ وَرَسُولَهُ لَا يَلِتْكُم
مِّنْ أَعْمَالِكُمْ شَيْئًا ۚ إِنَّ اللَّهَ غَفُورٌ رَّحِيمٌ ١٤

15 ਹਕੀਕਤ ਵਿਚ (ਸੱਚੇ) ਮੋਮਿਨ ਤਾਂ ਉਹ ਹਨ ਜਿਹੜੇ ਅੱਲਾਹ ਤੇ ਉਸ ਦੇ ਰਸੂਲ (ਮੁਹੰਮਦ ਸ:) 'ਤੇ ਪੱਕਾ ਈਮਾਨ ਲਿਆਏ, ਫੇਰ ਉਹਨਾਂ ਨੇ ਕਿਸੇ ਵੀ ਪ੍ਰਕਾਰ ਦਾ ਕੋਈ ਸ਼ੱਕ ਨਹੀਂ ਕੀਤਾ ਅਤੇ ਉਹਨਾਂ ਨੇ ਆਪਣੇ ਧੰਨ ਅਤੇ ਆਪਣੀਆਂ ਜਾਨਾਂ ਨਾਲ ਅੱਲਾਹ ਦੀ ਰਾਹ ਵਿਚ ਜਿਹਾਦ (ਸੰਘਰਸ਼) ਕੀਤਾ, ਉਹੀਓ ਲੋਕ ਸੱਚੇ ਈਮਾਨ ਵਾਲੇ ਹਨ।

إِنَّمَا الْمُؤْمِنُونَ الَّذِينَ آمَنُوا بِاللَّهِ وَرَسُولِهِ
ثُمَّ لَمْ يَرْتَابُوا وَجَاهَدُوا بِأَمْوَالِهِمْ وَأَنفُسِهِمْ
فِي سَبِيلِ اللَّهِ ۚ أُولَٰئِكَ هُمُ الصَّادِقُونَ ١٥

16 (ਹੇ ਨਬੀ! ਤੁਸੀਂ ਈਮਾਨ ਦੇ ਦਾਅਵੇਦਾਰਾਂ ਨੂੰ) ਆਖੋ, ਕੀ ਤੁਸੀਂ ਅੱਲਾਹ ਨੂੰ ਆਪਣੀ ਦੀਨਦਾਰੀ ਤੋਂ ਜਾਣੂ ਕਰਵਾਉਂਦੇ ਹੋ? ਜਦ ਕਿ ਅਕਾਸ਼ਾਂ ਅਤੇ ਧਰਤੀ ਵਿਚ ਜੋ ਕੁੱਝ ਵੀ ਹੈ, ਉਸ ਤੋਂ ਅੱਲਾਹ ਭਲੀ-ਭਾਂਤ ਜਾਣੂ ਹੈ ਅਤੇ ਅੱਲਾਹ ਹੀ ਹਰ ਚੀਜ਼ ਦਾ ਗਿਆਨ ਰੱਖਦਾ ਹੈ।

قُلْ أَتُعَلِّمُونَ اللَّهَ بِدِينِكُمْ وَاللَّهُ يَعْلَمُ
مَا فِي السَّمَاوَاتِ وَمَا فِي الْأَرْضِ ۚ وَاللَّهُ
بِكُلِّ شَيْءٍ عَلِيمٌ (١٦)

17. (ਹੇ ਨਬੀ!) ਉਹ (ਬੱਦੂ) ਤੁਹਾਡੇ ਉੱਤੇ ਆਪਣੇ ਮੁਸਲਮਾਨ ਹੋਣ ਦਾ ਅਹਿਸਾਨ ਜਤਾਉਂਦੇ ਹਨ। ਤੁਸੀਂ ਉਹਨਾਂ ਨੂੰ ਆਖੋ ਕਿ ਆਪਣੇ ਮੁਸਲਮਾਨ ਹੋਣ ਦਾ ਅਹਿਸਾਨ ਮੇਰੇ ਸਿਰ ਨਾ ਧਰੋ, ਸਗੋਂ ਤੁਹਾਡੇ 'ਤੇ ਅੱਲਾਹ ਦਾ ਅਹਿਸਾਨ ਹੈ ਕਿ ਉਸ ਨੇ ਤੁਹਾਨੂੰ ਈਮਾਨ ਦੀ ਹਿਦਾਇਤ ਬਖ਼ਸ਼ੀ, ਜੇ ਤੁਸੀਂ ਸੱਚੇ ਹੋ। (ਤਾਂ ਇਸ ਅਹਿਸਾਨ ਨੂੰ ਕਬੂਲੋ)।

يَمُنُّونَ عَلَيْكَ أَنْ أَسْلَمُوا ۖ قُل لَّا تَمُنُّوا عَلَىَّ إِسْلَامَكُم ۖ بَلِ اللَّهُ يَمُنُّ عَلَيْكُمْ أَنْ هَدَاكُمْ لِلْإِيمَانِ إِن كُنتُمْ صَادِقِينَ ١٧

18. ਬੇਸ਼ੱਕ ਅੱਲਾਹ ਅਕਾਸ਼ਾਂ ਅਤੇ ਧਰਤੀ ਦੀਆਂ ਸਾਰੀਆਂ ਗੁਪਤ ਗੱਲਾਂ ਨੂੰ ਜਾਣਦਾ ਹੈ ਅਤੇ ਤੁਸੀਂ ਜੋ ਵੀ ਕਰ ਰਹੇ ਹੋ ਅੱਲਾਹ ਉਸ ਨੂੰ ਵੀ ਚੰਗੀ ਤਰ੍ਹਾਂ ਵੇਖ ਰਿਹਾ ਹੈ।

إِنَّ اللَّهَ يَعْلَمُ غَيْبَ السَّمَاوَاتِ وَالْأَرْضِ ۚ وَاللَّهُ بَصِيرٌ بِمَا تَعْمَلُونَ ١٨

50. ਸੂਰਤ ਕਾਫ਼ (ਮੱਕੀ-34)

(ਆਇਤਾਂ 45, ਰੁਕੂਅ 3)

سُورَةُ قٓ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਕਾਫ਼। ਕਸਮ ਹੈ ਸਤਿਕਾਰਯੋਗ ਕੁਰਆਨ ਦੀ।

قٓ ۚ وَالْقُرْآنِ الْمَجِيدِ ١

2. ਸਗੋਂ ਉਹਨਾਂ (ਮੱਕੇ ਵਾਲਿਆਂ) ਨੂੰ ਹੈਰਾਨੀ ਹੋਈ ਕਿ ਉਹਨਾਂ ਕੋਲ ਉਹਨਾਂ ਵਿੱਚੋਂ ਹੀ ਇਕ ਵਿਅਕਤੀ (ਭਾਵ ਮੁਹੰਮਦ ਸ:) ਉਹਨਾਂ ਨੂੰ (ਰੱਬ ਦੇ ਅਜ਼ਾਬ ਤੋਂ) ਡਰਾਉਣ ਵਾਲਾ ਆ ਗਿਆ, ਤਾਂ ਕਾਫ਼ਿਰ ਆਖਣ ਲੱਗੇ ਕਿ ਇਹ ਤਾਂ ਅਜੀਬ ਗੱਲ ਹੈ।

بَلْ عَجِبُوا أَن جَاءَهُم مُّنذِرٌ مِّنْهُمْ فَقَالَ الْكَافِرُونَ هَٰذَا شَيْءٌ عَجِيبٌ ٢

3 ਕੀ ਜਦੋਂ ਅਸੀਂ ਮਰ ਜਾਵਾਂਗੇ ਤੇ ਮਿੱਟੀ ਹੋ ਜਾਵਾਂਗੇ (ਤਾਂ ਕੀ ਰੱਬ ਸਾਨੂੰ ਮੁੜ ਜਿਊਂਦਾ ਕਰੇਗਾ?) ਉਹ ਮੁੜ ਵਾਪਸੀ (ਰੱਬ ਦੇ ਕੋਲ) ਅਕਲੋਂ ਪਰ੍ਹਾਂ ਗੱਲ ਹੈ।

أَإِذَا مِتْنَا وَكُنَّا تُرَابًا ۖ ذَٰلِكَ رَجْعٌ بَعِيدٌ ٣

4 (ਹੇ ਲੋਕੋ!) ਧਰਤੀ ਉਹਨਾਂ (ਮੁਰਦਾ ਸਰੀਰ ਵਿੱਚੋਂ ਖਾਕੇ) ਜੋ ਘਟਾਉਂਦੀ ਹੈ ਉਹ ਸਭ ਸਾਡੇ (ਭਾਵ ਰੱਬ ਦੇ) ਗਿਆਨ ਵਿਚ ਹੈ ਅਤੇ ਸਾਡੇ ਕੋਲ ਇਕ ਕਿਤਾਬ

قَدْ عَلِمْنَا مَا تَنقُصُ الْأَرْضُ مِنْهُمْ ۖ وَعِندَنَا كِتَابٌ حَفِيظٌ ٤

ਹੈ ਜਿਸ ਵਿਚ ਯਾਦ ਰੱਖਣ ਵਾਲੀਆਂ ਸਾਰੀਆਂ ਗੱਲਾਂ ਸੁਰੱਖਿਅਤ ਹਨ।

5 ਸਗੋਂ ਉਹਨਾਂ (ਮੱਕੇ ਦੇ ਇਨਕਾਰੀਆਂ) ਨੇ ਹੱਕ (ਕੁਰਆਨ) ਨੂੰ ਝੁਠਲਾਇਆ। ਜਦੋਂ ਉਹ (ਕੁਰਆਨ) ਉਹਨਾਂ (ਮੱਕੇ ਵਾਲਿਆਂ) ਕੋਲ ਪਹੁੰਚਿਆ ਤਾਂ ਉਹ ਸਾਰੇ ਉਲਝਣ ਵਿਚ ਪੈ ਗਏ।

بل كذبوا بالحق لما جاءهم فهم في
أمر مريج

6 ਕੀ ਇਹਨਾਂ (ਇਨਕਾਰੀਆਂ) ਨੇ ਆਪਣੇ ਉੱਤੇ ਅਕਾਸ਼ ਵੱਲ ਨਹੀਂ ਵੇਖਿਆ ਕਿ ਅਸੀਂ ਇਸ ਨੂੰ ਕਿਵੇਂ ਬਣਾਇਆ ਹੈ? ਅਤੇ ਇਸ ਨੂੰ (ਤਾਰਿਆਂ ਤੇ ਚੰਨ ਨਾਲ) ਸਜਾਇਆ ਅਤੇ ਇਸ (ਅਕਾਸ਼) ਵਿਚ ਕੋਈ ਛੇਕ ਵੀ ਨਹੀਂ ਹੈ?

أفلم ينظروا إلى السماء فوقهم كيف بنينها
وزينها وما لها من فروج

7. ਅਤੇ ਅਸੀਂ ਧਰਤੀ ਨੂੰ (ਫ਼ਰਸ਼ ਵਾਂਗ) ਵਿਛਾਇਆ ਅਤੇ ਇਸ ਵਿਚ ਪਹਾੜ ਗੱਡ ਦਿੱਤੇ ਅਤੇ ਇਸ ਵਿਚ ਭਾਂਤ-ਭਾਂਤ ਦੀਆਂ ਸੋਹਣੀਆਂ ਦਿਸਣ ਵਾਲੀਆਂ ਚੀਜ਼ਾਂ ਉਗਾ ਦਿੱਤੀਆਂ।

والأرض مددنها وألقينا فيها رواسي
وأنبتنا فيها من كل زوج بهيج

8 ਅਤੇ ਇਹ ਸਾਰੀਆਂ ਚੀਜ਼ਾਂ ਹਰ ਉਸ ਵਿਅਕਤੀ ਦੀਆਂ ਅੱਖਾਂ ਖੋਲ੍ਹਣ ਲਈ ਅਤੇ ਸਿੱਖਿਆ ਲਈ ਹਨ ਜਿਹੜਾ ਹੱਕ ਵੱਲ ਪਰਤਨਾ ਚਾਹੁੰਦਾ ਹੈ।

تبصرة وذكرى لكل عبد منيب

9. ਅਤੇ ਅਸੀਂ ਅਕਾਸ਼ ਤੋਂ ਬਰਕਤਾਂ ਵਾਲਾ ਪਾਣੀ ਉਤਾਰਿਆ ਜਿਸ ਤੋਂ ਬਾਗ਼ ਅਤੇ ਅਨਾਜ ਦੀਆਂ ਕੱਟਣ ਵਾਲੀਆਂ ਫ਼ਸਲਾਂ ਉਗਾਈਆਂ।

ونزلنا من السماء ماء مبركا فأنبتنا به
جنت وحب الحصيد

10 ਅਤੇ ਖਜੂਰਾਂ ਦੇ ਉੱਚੇ ਲੰਬੇ ਰੁੱਖ ਪੈਦਾ ਕੀਤੇ ਜਿਨ੍ਹਾਂ 'ਤੇ ਦੇ ਫਲਾਂ ਨਾਲ ਲੱਦੇ ਹੋਏ ਗੁੱਛੇ ਲਗਦੇ ਹਨ।

والنخل باسقت لها طلع نضيد

11 (ਇਹ ਸਭ ਪ੍ਰਬੰਧ) ਬੰਦਿਆਂ ਨੂੰ ਰੋਜ਼ੀ ਦੇਣ ਲਈ ਹੈ। ਅਸੀਂ ਪਾਣੀ ਰਾਹੀਂ ਮੁਰਦਾ (ਬੰਜਰ) ਧਰਤੀ ਨੂੰ ਜਿਊਂਦਾ (ਉਪਜਾਊ) ਕਰ ਦਿੱਤਾ। ਇਸੇ ਪ੍ਰਕਾਰ ਕਬਰਾਂ ਤੋਂ ਵੀ (ਜਿਊਂਦਾ ਹੋ ਕੇ) ਬਾਹਿਰ ਆਉਣਾ ਹੈ।

رزقا للعباد وأحيينا به بلدة ميتا
كذلك الخروج

12. ਇਹਨਾਂ (ਮੱਕੇ ਵਾਲਿਆਂ) ਤੋਂ ਪਹਿਲਾਂ ਨੂਹ ਦੀ ਕੌਮ ਨੇ ਅਤੇ ਰਸ ਵਾਲਿਆਂ ਨੇ ਅਤੇ ਸਮੂਦ ਨੇ (ਰਸੂਲਾਂ ਨੂੰ) ਝੁਠਲਾਇਆ ਸੀ।

كذبت قبلهم قوم نوح وأصحب الرس
وثمود 12

13 ਕੌਮੇ-ਆਦ, ਫ਼ਿਰਔਨ ਅਤੇ ਲੂਤ ਦੇ ਭਰਾਵਾਂ ਨੇ ਵੀ (ਝੁਠਲਾਇਆ ਸੀ)।

وَعَادٌ وَفِرْعَوْنُ وَإِخْوَانُ لُوطٍ (13)

14. ਅਤੇ ਐਕਾ ਵਾਲਿਆਂ ਨੇ ਅਤੇ ਤੁੱਬਾ ਦੀ ਕੌਮ ਨੇ (ਭਾਵ ਉਹਨਾਂ ਸਭ ਨੇ) ਰਸੂਲਾਂ ਨੂੰ ਝੁਠਲਾਇਆ, ਅੰਤ ਉਹਨਾਂ 'ਤੇ (ਮੇਰਾ ਅਜ਼ਾਬ ਦੀ ਗੱਲ) ਪੂਰੀ ਹੋ ਕੇ ਰਹੀ।

وَأَصْحَابُ الْأَيْكَةِ وَقَوْمُ تُبَّعٍ ۚ كُلٌّ كَذَّبَ الرُّسُلَ فَحَقَّ وَعِيدِ (14)

15. ਕੀ ਅਸੀਂ ਪਹਿਲੀ ਵਾਰ ਪੈਦਾ ਕਰਕੇ ਥੱਕ ਚੁੱਕੇ ਹਾਂ? (ਨਹੀਂ) ਉਹ ਤਾਂ ਮੁੜ ਜੀਵਤ ਹੋਣ ਦੇ ਸ਼ੱਕ ਵਿਚ ਫਸੇ ਹੋਏ ਹਨ।

أَفَعَيِينَا بِالْخَلْقِ الْأَوَّلِ ۚ بَلْ هُمْ فِي لَبْسٍ مِّنْ خَلْقٍ جَدِيدٍ (15)

16. ਬੇਸ਼ੱਕ ਅਸੀਂ ਮਨੁੱਖ ਨੂੰ ਪੈਦਾ ਕੀਤਾ ਅਤੇ ਅਸੀਂ ਉਸ ਦੇ ਮਨ ਵਿਚ ਉਭਰਨ ਵਾਲੀਆਂ ਸ਼ੰਕਾਵਾਂ ਤੋਂ ਭਲੀ-ਭਾਂਤ ਜਾਣੂ ਹਾਂ। ਅਸੀਂ ਉਸ (ਮਨੁੱਖ) ਦੀ ਸ਼ਾਹ-ਰਗ ਨਾਲੋਂ ਵੀ ਵਧ ਉਸ ਦੇ ਨੇੜੇ ਹਾਂ।

وَلَقَدْ خَلَقْنَا الْإِنسَانَ وَنَعْلَمُ مَا تُوَسْوِسُ بِهِ نَفْسُهُ ۖ وَنَحْنُ أَقْرَبُ إِلَيْهِ مِنْ حَبْلِ الْوَرِيدِ (16)

17 ਮਨੁੱਖ ਜੋ ਵੀ ਕਰਦਾ ਹੈ, ਤਾਂ ਦੋ ਲਿਖਣ ਵਾਲੇ (ਫ਼ਰਿਸ਼ਤੇ) ਲਿਖ ਲੈਂਦੇ ਹਨ। ਜਿਹੜੇ ਉਸ ਦੇ ਸੱਜੇ ਅਤੇ ਖੱਬੇ (ਮੋਢਿਆਂ ਉੱਤੇ) ਬੈਠੇ ਹਨ।[1]

إِذْ يَتَلَقَّى الْمُتَلَقِّيَانِ عَنِ الْيَمِينِ وَعَنِ الشِّمَالِ قَعِيدٌ (17)

18. ਮਨੁੱਖ ਜਿਹੜਾ ਵੀ ਸ਼ਬਦ ਮੂੰਹੋਂ ਕੱਢਦਾ ਹੈ, ਉਸ ਨੂੰ ਲਿਖਣ ਲਈ ਇਕ ਨਿਗਰਾਨ (ਫ਼ਰਿਸ਼ਤਾ) ਤਿਆਰ (ਬੈਠਾ) ਹੈ।[2]

مَّا يَلْفِظُ مِن قَوْلٍ إِلَّا لَدَيْهِ رَقِيبٌ عَتِيدٌ (18)

19 (ਹੇ ਇਨਕਾਰੀਓ!) ਮੌਤ ਦੀ ਸਖ਼ਤੀ ਹੱਕ (ਸੱਚਾਈ) ਨੂੰ ਸਾਹਮਣੇ ਲੈਕੇ ਆ ਗਈ। ਆਖਿਆ ਜਾਵੇਗਾ ਕਿ ਇਹ ਉਹ (ਮੌਤ) ਹੈ ਜਿਸ ਤੋਂ ਤੂੰ ਭੱਜਦਾ ਸੀ।

وَجَاءَتْ سَكْرَةُ الْمَوْتِ بِالْحَقِّ ۖ ذَٰلِكَ مَا كُنتَ مِنْهُ تَحِيدُ (19)

20. ਅਤੇ ਜਦੋਂ ਸੂਰ (ਬਿਗੁਲ) ਵਿਚ ਫੂਕ ਮਾਰੀ ਜਾਵੇਗੀ, ਉਹ ਦਿਨ ਅਜ਼ਾਬ ਦਾ ਹੋਵੇਗਾ ਜਿਸ ਦਾ ਵਾਅਦਾ ਕੀਤਾ ਗਿਆ ਸੀ।

وَنُفِخَ فِي الصُّورِ ۚ ذَٰلِكَ يَوْمُ الْوَعِيدِ (20)

21. ਅਤੇ ਉਸ ਦਿਨ ਹਰ ਵਿਅਕਤੀ (ਰੱਬ ਦੇ ਹਜ਼ੂਰ) ਆਵੇਗਾ। ਉਸ ਨਾਲ ਇਕ ਹਿੱਕ ਕੇ ਲਿਆਉਣ

وَجَاءَتْ كُلُّ نَفْسٍ مَّعَهَا سَائِقٌ وَشَهِيدٌ (21)

---

[1] ਵੇਖੋ ਸੂਰਤ ਅਲ-ਅਨਆਮ, ਹਾਸ਼ੀਆ ਆਇਤ 61/6

[2] ਵੇਖੋ ਸੂਰਤ ਅਲ-ਅਨਆਮ, ਹਾਸ਼ੀਆ ਆਇਤ 61/6

ਵਾਲਾ (ਫ਼ਰਿਸ਼ਤਾ) ਹੋਵੇਗਾ ਅਤੇ ਇਕ ਗਵਾਹੀ ਦੇਣ ਵਾਲਾ ਵੀ ਹੋਵੇਗਾ।

22. ਬੇਸ਼ੱਕ ਤੂੰ ਇਸ ਦਿਹਾੜੇ (ਕਿਆਮਤ) ਤੋਂ ਬੇ-ਖ਼ਬਰ ਸੀ। ਅਸੀਂ ਉਹ ਪੜਦਾ ਚੁੱਕ ਦਿੱਤਾ, ਜਿਹੜਾ ਤੇਰੇ ਅੱਗੇ ਪਿਆ ਹੋਇਆ ਸੀ ਅਤੇ ਅੱਜ ਤੇਰੀ ਨਿਗਾਹ ਬਹੁਤ ਤੇਜ਼ ਹੈ।

لَقَدْ كُنْتَ فِي غَفْلَةٍ مِّنْ هٰذَا فَكَشَفْنَا عَنْكَ غِطَاءَكَ فَبَصَرُكَ الْيَوْمَ حَدِيدٌ ٢٢

23. ਉਸ ਦਾ ਸਹਿਯੋਗੀ (ਫ਼ਰਿਸ਼ਤਾ) ਆਖੇਗਾ ਕਿ ਇਹ ਹੈ ਉਹ (ਅਮਲ-ਪਤਰੀ) ਜਿਹੜੀ ਮੇਰੇ ਕੋਲ ਤਿਆਰ ਪਈ ਹੈ।

وَقَالَ قَرِينُهُ هٰذَا مَا لَدَيَّ عَتِيدٌ ٢٣

24 (ਅੱਲਾਹ ਫ਼ਰਿਸ਼ਤਿਆਂ ਨੂੰ ਆਦੇਸ਼ ਦੇਵੇਗਾ ਕਿ) ਤੁਸੀਂ ਹਰ ਬਾਗ਼ੀ ਤੇ ਕਾਫ਼ਿਰ ਨੂੰ ਨਰਕ ਵਿਚ ਸੁੱਟ ਦਿਓ।

أَلْقِيَا فِي جَهَنَّمَ كُلَّ كَفَّارٍ عَنِيدٍ ٢٤

25 ਜਿਹੜਾ ਨੇਕ ਕੰਮ ਕਰਨ ਤੋਂ ਰੋਕਦਾ ਸੀ ਅਤੇ (ਸਰਕਸ਼ੀ ਵਿੱਚ) ਹੱਦੋਂ ਟੱਪਣ ਵਾਲਾ ਅਤੇ (ਕਿਆਮਤ ਦਿਹਾੜੇ ਵਿੱਚ) ਸ਼ੱਕ ਕਰਨ ਵਾਲਾ ਸੀ।

مَّنَّاعٍ لِّلْخَيْرِ مُعْتَدٍ مُّرِيبٍ ٢٥

26 ਜਿਸ ਨੇ ਅੱਲਾਹ ਦੇ ਨਾਲ ਹੋਰ ਵੀ ਇਸ਼ਟ ਬਣਾ ਲਏ ਸੀ ਤੁਸੀਂ ਦੋਵੇਂ ਉਸ ਨੂੰ ਕਰੜੇ ਅਜ਼ਾਬ ਵਿਚ ਸੁੱਟ ਦਿਓ

الَّذِي جَعَلَ مَعَ اللّٰهِ إِلٰهًا اٰخَرَ فَأَلْقِيَاهُ فِي الْعَذَابِ الشَّدِيدِ ٢٦

27 ਉਸ ਦਾ ਸਾਥੀ (ਸ਼ੈਤਾਨ) ਆਖੇਗਾ ਕਿ ਹੇ ਰੱਬ! ਮੈਂਨੇ ਇਸ ਨੂੰ ਤੇਰੀ ਰਾਹ ਤੋਂ ਨਹੀਂ ਭਟਕਾਇਆ, ਸਗੋਂ ਉਹ ਆਪ ਹੀ ਰਾਹੋਂ ਦੂਰ ਕੁਰਾਹੇ ਪਿਆ ਹੋਇਆ ਸੀ

قَالَ قَرِينُهُ رَبَّنَا مَا أَطْغَيْتُهُ وَلٰكِنْ كَانَ فِي ضَلَالٍ بَعِيدٍ ٢٧

28 ਅੱਲਾਹ ਆਖੇਗਾ ਕਿ ਮੇਰੀ ਹਜ਼ੂਰੀ ਵਿਚ ਝਗੜਾ ਨਾ ਕਰੋ, ਮੈਂ ਤਾਂ ਪਹਿਲਾਂ ਹੀ ਭੈੜੇ ਅੰਤ ਤੋਂ ਤੁਹਾਨੂੰ ਖ਼ਬਰਦਾਰ ਕਰ ਚੁੱਕਾ ਸੀ।

قَالَ لَا تَخْتَصِمُوا لَدَيَّ وَقَدْ قَدَّمْتُ إِلَيْكُمْ بِالْوَعِيدِ ٢٨

29 ਮੇਰੇ ਦਰਬਾਰ ਵਿਚ (ਕਹੀ ਹੋਈ) ਗੱਲ ਬਦਲੀ ਨਹੀਂ ਜਾਂਦੀ ਅਤੇ ਨਾ ਹੀ ਮੈਂ ਆਪਣੇ ਬੰਦਿਆਂ 'ਤੇ ਜ਼ੁਲਮ ਕਰਨ ਵਾਲਾ ਹਾਂ।

مَا يُبَدَّلُ الْقَوْلُ لَدَيَّ وَمَا أَنَا بِظَلَّامٍ لِّلْعَبِيدِ ٢٩

يَوْمَ نَقُولُ لِجَهَنَّمَ هَلِ امْتَلَأْتِ وَتَقُولُ هَلْ
مِن مَّزِيدٍ ﴿٣٠﴾

30. ਜਿਸ ਦਿਨ ਅਸੀਂ ਨਰਕ ਤੋਂ ਪੁੱਛਾਂਗੇ ਕਿ ਕੀ ਤੂੰ (ਪਾਪੀਆਂ ਨਾਲ) ਭਰ ਗਈ ਹੈਂ? ਉਹ (ਨਰਕ) ਉੱਤਰ ਵਿਚ ਪੁੱਛੇਗੀ ਕਿ ਕੀ ਕੁੱਝ ਹੋਰ ਵੀ ਹੈ?[1]

وَأُزْلِفَتِ الْجَنَّةُ لِلْمُتَّقِينَ غَيْرَ بَعِيدٍ ﴿٣١﴾

31. ਅਤੇ ਸਵਰਗ ਪ੍ਰਹੇਜ਼ਗਾਰਾਂ (ਬੁਰਾਈਆਂ ਤੋਂ ਬਚਣ ਵਾਲਿਆਂ) ਦੇ ਨੇੜੇ ਕਰ ਦਿੱਤੀ ਜਾਵੇਗੀ, ਦੂਰ ਨਹੀਂ ਹੋਵੇਗੀ।[2]

هَٰذَا مَا تُوعَدُونَ لِكُلِّ أَوَّابٍ حَفِيظٍ ﴿٣٢﴾

32. ਆਖਿਆ ਜਾਵੇਗਾ ਕਿ ਇਹ ਉਹ (ਸਵਰਗ) ਹੈ ਜਿਸ ਦਾ ਤੁਹਾਡੇ ਨਾਲ ਵਾਅਦਾ ਕੀਤਾ ਗਿਆ ਸੀ। ਇਹ ਵਾਅਦਾ ਹਰ ਉਸ ਵਿਅਕਤੀ ਲਈ ਸੀ ਜਿਹੜਾ (ਰੱਬ ਵੱਲ) ਮੁੜ-ਮੁੜ ਪਰਤਣ (ਤੌਬਾ ਕਰਨ) ਵਾਲਾ ਅਤੇ (ਅੱਲਾਹ ਦੇ ਹੁਕਮਾਂ ਦੀ) ਨਿਗਰਾਨੀ ਕਰਨ ਵਾਲਾ ਸੀ।

مَّنْ خَشِيَ الرَّحْمَٰنَ بِالْغَيْبِ وَجَاءَ بِقَلْبٍ
مُّنِيبٍ ﴿٣٣﴾

33. ਅਤੇ ਜਿਹੜਾ ਵਿਅਕਤੀ ਬਿਨ ਵੇਖੇ ਰਹਿਮਾਨ (ਅੱਲਾਹ) ਦਾ ਡਰ ਰੱਖਦਾ ਸੀ ਅਤੇ ਜਿਹੜਾ (ਰੱਬ ਵੱਲ) ਮੁੜ ਆਉਣ ਵਾਲਾ ਦਿਲ ਲਿਆਇਆ ਹੋਵੇ।

ادْخُلُوهَا بِسَلَامٍ ۖ ذَٰلِكَ يَوْمُ الْخُلُودِ ﴿٣٤﴾

34. ਉਸ ਨੂੰ ਕਿਹਾ ਜਾਵੇਗਾ ਕਿ ਤੁਸੀਂ ਇਸ ਸਵਰਗ ਵਿਚ ਸਲਾਮਤੀ ਨਾਲ ਪ੍ਰਵੇਸ਼ ਕਰ ਜਾਓ। ਉਹ ਸਦਾ ਲਈ (ਸਵਰਗ ਵਿਚ) ਰਹਿਣ ਵਾਲਾ ਦਿਨ ਹੈ।

لَهُم مَّا يَشَاءُونَ فِيهَا وَلَدَيْنَا مَزِيدٌ ﴿٣٥﴾

35. ਉਹ (ਨੇਕ ਲੋਕ) ਉੱਥੇ (ਸਵਰਗ ਵਿਚ) ਜੋ ਵੀ ਚਾਹੁਣਗੇ ਉਹ ਉਹਨਾਂ ਨੂੰ ਮਿਲੇਗਾ, ਸਗੋਂ ਸਾਡੇ ਕੋਲ ਤਾਂ ਹੋਰ ਵੀ ਬਹੁਤ ਕੁੱਝ (ਉਹਨਾਂ ਨੂੰ ਦੇਣ ਲਈ) ਹੈ।

---

1 ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਨਰਕੀ ਨਰਕ ਵਿਚ ਸੁੱਟੇ ਜਾਣਗੇ ਪਰ ਨਰਕ ਆਖਦੀ ਰਹੇਗੀ ਕਿ ਹੋਰ ਵੀ ਕੁਝ ਹੈ? ਇੱਥੋਂ ਤਕ ਕਿ ਅੱਲਾਹ ਆਪਣਾ ਪੈਰ ਇਸ ਵਿਚ ਰੱਖ ਦੇਵੇਗਾ ਉਸ ਸਮੇਂ ਨਰਕ ਆਖੇਗੀ ਕਿ ਬਸ ਬਸ ਮੈਂ ਭਰ ਗਈ। (ਸਹੀ ਬੁਖ਼ਾਰੀ, ਹਦੀਸ: 4848)

2 ਇੰਜ ਹੀ ਅੱਲਾਹ ਵੀ ਈਮਾਨ ਵਾਲਿਆਂ ਤੋਂ ਦੂਰ ਨਹੀਂ ਹੋਵੇਗਾ। ਸਗੋਂ ਜੰਨਤ ਵਿਚ ਉਹ ਲੋਕ ਆਪਣੇ ਰੱਬ ਦਾ ਦੀਦਾਰ ਕਰਨਗੇ। ਹਦੀਸ ਵਿਚ ਹੈ ਕਿ ਹਜ਼ਰਤ ਜੁਰੈਰ ਬਿਨ ਅਬਦੁੱਲਾਹ (ਰਜ਼ਿ:) ਬਿਆਨ ਕਰਦੇ ਹਨ ਕਿ ਅਸੀਂ ਰਾਤ ਵੇਲੇ ਅੱਲਾਹ ਦੇ ਰਸੂਲ ਕੋਲ ਬੈਠੇ ਸੀ ਕਿ ਆਪ ਜੀ ਨੇ ਚੰਨ ਵੱਲ ਵੇਖ ਕੇ ਫ਼ਰਮਾਇਆ ਕਿ ਤੁਸੀਂ ਆਪਣੇ ਰੱਬ ਨੂੰ ਇਸੇ ਤਰ੍ਹਾਂ ਵੇਖੋਗੇ ਜਿਵੇਂ ਇਸ ਚੰਨ ਨੂੰ ਵੇਖਦੇ ਹੋ। ਤੁਹਾਨੂੰ ਉਸ ਨੂੰ ਵੇਖਣ ਵਿਚ ਕੋਈ ਕਠਿਨਾਈ ਨਹੀਂ ਹੋਵੇਗੀ। ਜੇ ਤੁਸੀਂ ਪਹੁ ਫੁਟਣ ਤੋਂ ਪਹਿਲਾਂ ਦੀ ਨਮਾਜ਼ ਅਤੇ ਸੂਰਜ ਡੁੱਬਣ ਤੋਂ ਪਹਿਲਾਂ ਦੀ ਨਮਾਜ਼ ਕਿਸੇ ਦੂਜੇ ਕੰਮ ਵਿਚ ਰੁਝੇਵੇਂ ਕਾਰਨ ਨਾ ਛੱਡੋ। ਫੇਰ ਆਪ ਨੇ ਸੂਰਤ ਕਾਫ਼ ਦੀ ਆਇਤ ਨੰਬਰ 39 ਦੀ ਤਿਲਾਵਤ ਫ਼ਰਮਾਈ (ਸਹੀ ਬੁਖ਼ਾਰੀ, ਹਦੀਸ: 554)

36. ਇਹਨਾਂ ਮੱਕੇ ਵਾਲਿਆਂ ਤੋਂ ਪਹਿਲਾਂ ਵੀ ਅਸੀਂ ਬਹੁਤ ਸਾਰੀਆਂ ਕੌਮਾਂ ਨੂੰ ਨਸ਼ਟ ਕਰ ਚੁੱਕੇ ਹਾਂ ਜਿਹੜੀਆਂ ਉਹਨਾਂ ਤੋਂ ਕਿਤੇ ਵੱਧ ਬਲਵਾਨ ਸਨ। ਉਹਨਾਂ ਨੇ ਸ਼ਹਿਰਾਂ ਵਿਚ ਵਧੇਰੀ ਨੱਠ ਭੱਜ ਕੀਤੀ, ਫੇਰ ਕੀ ਉਹਨਾਂ ਨੂੰ ਅਜ਼ਾਬ ਤੋਂ ਬਚਣ ਲਈ ਕੋਈ ਸ਼ਰਨ ਮਿਲੀ?

وَكَمْ أَهْلَكْنَا قَبْلَهُم مِّن قَرْنٍ هُمْ أَشَدُّ مِنْهُم
بَطْشًا فَنَقَّبُوا فِي الْبِلَادِ هَلْ مِن مَّحِيصٍ ﴿36﴾

37. (ਨਿਰਸੰਦੇਹ, ਇਸ ਇਤਿਹਾਸ ਵਿਚ) ਹਰ ਉਸ ਵਿਅਕਤੀ ਲਈ ਸਿੱਖਿਆ ਹੈ (ਜਿਹੜਾ ਸੋਚਣ ਸਮਝਣ ਵਾਲਾ ਦਿਲ) ਰੱਖਦਾ ਹੈ ਜਾਂ ਉਹ ਜਿਹੜਾ ਧਿਆਨ ਨਾਲ ਗੱਲ ਸੁਣੇ ਅਤੇ ਉਹ ਹਾਜ਼ਿਰ (ਦਿਮਾਗ਼) ਵੀ ਹੋਵੇ।

إِنَّ فِي ذَٰلِكَ لَذِكْرَىٰ لِمَن كَانَ لَهُ قَلْبٌ
أَوْ أَلْقَى السَّمْعَ وَهُوَ شَهِيدٌ ﴿37﴾

38. ਅਸੀਂ ਧਰਤੀ ਅਤੇ ਅਕਾਸ਼ ਅਤੇ ਉਹਨਾਂ ਵਿਚਾਲੇ ਦੀਆਂ ਸਾਰੀਆਂ ਚੀਜ਼ਾਂ ਨੂੰ ਕੇਵਲ ਛੇ ਦਿਨਾਂ ਵਿਚ ਪੈਦਾ ਕੀਤਾ ਅਤੇ ਸਾਨੂੰ ਕੁਝ ਵੀ ਥਕਾਨ ਨਹੀਂ ਹੋਈ।

وَلَقَدْ خَلَقْنَا السَّمَاوَاتِ وَالْأَرْضَ وَمَا بَيْنَهُمَا
فِي سِتَّةِ أَيَّامٍ وَمَا مَسَّنَا مِن لُّغُوبٍ ﴿38﴾

39. ਸੋ ਹੇ ਨਬੀ! ਉਹ (ਮੱਕੇ ਵਾਲੇ) ਤੁਹਾਨੂੰ ਜੋ ਕੁੱਝ ਵੀ ਕਹਿੰਦੇ ਹਨ ਤੁਸੀਂ ਉਸ 'ਤੇ ਸਬਰ ਕਰੋ ਅਤੇ ਆਪਣੇ ਪਾਲਣਹਾਰ ਦੀ, ਉਸਤਤ ਦੇ ਨਾਲ ਉਸ ਦੀ ਤਸਬੀਹ, ਸੂਰਜ ਨਿਕਲਣ ਤੋਂ ਪਹਿਲਾਂ ਵੀ ਅਤੇ ਸੂਰਜ ਡੁੱਬਣ ਤੋਂ ਪਹਿਲਾਂ ਵੀ, ਕਰਦੇ ਰਹੋ

فَاصْبِرْ عَلَىٰ مَا يَقُولُونَ وَسَبِّحْ بِحَمْدِ رَبِّكَ قَبْلَ
طُلُوعِ الشَّمْسِ وَقَبْلَ الْغُرُوبِ ﴿39﴾

40. ਅਤੇ ਰਾਤ ਵੇਲੇ ਵੀ ਅਤੇ ਸਿਜਦਿਆਂ (ਨਮਾਜ਼) ਤੋਂ ਮਗਰੋਂ ਵੀ ਉਸ ਦੀ ਤਸਬੀਹ ਕਰੋ

وَمِنَ اللَّيْلِ فَسَبِّحْهُ وَأَدْبَارَ السُّجُودِ ﴿40﴾

41. ਸੁਣੋ। ਜਿਸ ਦਿਨ ਢੌਂਡੀ ਪਿੱਟਣ ਵਾਲਾ ਨੇੜੇ ਤੋਂ ਹੀ ਪੁਕਾਰੇਗਾ।

وَاسْتَمِعْ يَوْمَ يُنَادِ الْمُنَادِ مِن مَّكَانٍ
قَرِيبٍ ﴿41﴾

42. ਜਿਸ ਦਿਨ ਉਸ ਬਿਗੁਲ ਦੀ ਤੇਜ਼ ਕੰਨ ਪਾੜਵੀਂ ਵਾਲੀ ਆਵਾਜ਼ ਨੂੰ ਉਹ ਸਾਰੇ ਯਕੀਨ ਨਾਲ ਸੁਣ ਲੈਣਗੇ, ਉਹ ਦਿਨ (ਕਬਰਾਂ ਵਿੱਚੋਂ) ਨਿਕਲਣ ਦਾ ਹੋਵੇਗਾ।

يَوْمَ يَسْمَعُونَ الصَّيْحَةَ بِالْحَقِّ ذَٰلِكَ
يَوْمُ الْخُرُوجِ ﴿42﴾

43. ਬੇਸ਼ੱਕ ਅਸੀਂ ਹੀ ਜੀਵਨ ਦਿੰਦੇ ਹਾਂ ਅਤੇ ਅਸੀਂ ਹੀ ਮੌਤ ਦਿੰਦੇ ਹਨ ਅਤੇ ਸਾਡੇ ਵੱਲ ਹੀ ਸਾਰਿਆਂ ਨੇ ਪਰਤ ਕੇ ਆਉਣਾ ਹੈ।

إِنَّا نَحْنُ نُحْيِي وَنُمِيتُ وَإِلَيْنَا الْمَصِيرُ (43)

44 ਜਿਸ ਦਿਨ ਧਰਤੀ ਪਾਟ ਜਾਵੇਗੀ ਅਤੇ ਉਹ ਸਾਰੇ (ਕਬਰਾਂ ਵਿੱਚੋਂ ਨਿਕਲ ਕੇ) ਸਾਡੇ ਕੋਲ ਭੱਜ ਕੇ ਆਉਣਗੇ, ਉਹਨਾਂ ਨੂੰ ਇਕੱਤਰਤ ਕਰਨਾ ਸਾਡੇ ਲਈ ਬਹੁਤ ਹੀ ਆਸਾਨ ਹੈ।

يَوْمَ تَشَقَّقُ الْأَرْضُ عَنْهُمْ سِرَاعًا ۚ ذَٰلِكَ حَشْرٌ عَلَيْنَا يَسِيرٌ (44)

45 ਹੇ ਨਬੀ! ਜੋ ਇਹ ਮੁਸ਼ਰਿਕ ਤੁਹਾਨੂੰ ਆਖਦੇ ਹਨ ਅਸੀਂ ਉਸ ਨੂੰ ਚੰਗੀ ਤਰ੍ਹਾਂ ਜਾਣਦੇ ਹਾਂ। ਤੁਸੀਂ ਉਹਨਾਂ ਨਾਲ ਜ਼ੋਰ ਜ਼ਬਰਦਸਤੀ ਕਰਨ ਵਾਲੇ ਨਹੀਂ, ਸੋ ਤੁਸੀਂ ਇਸ ਕੁਰਆਨ ਰਾਹੀਂ ਹਰ ਉਸ ਵਿਅਕਤੀ ਨੂੰ ਨਸੀਹਤ ਕਰਦੇ ਰਹੋ ਜਿਹੜਾ ਮੇਰੀ ਚਿਤਾਵਨੀ ਤੋਂ ਡਰਦਾ ਹੈ

نَحْنُ أَعْلَمُ بِمَا يَقُولُونَ ۖ وَمَا أَنْتَ عَلَيْهِمْ بِجَبَّارٍ ۖ فَذَكِّرْ بِالْقُرْآنِ مَنْ يَخَافُ وَعِيدِ (45)

51. ਸੂਰਤ ਅਜ਼-ਜ਼ਾਰੀਯਾਤ (ਮੱਕੀ-67)

(ਆਇਤਾਂ 60, ਰੁਕੂਅ 3)

سُورَةُ الذّٰرِيٰتِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1 ਸੁੰਹ ਉਹਨਾਂ ਹਵਾਵਾਂ ਦੀ ਜਿਹੜੀਆਂ (ਧੂੜ) ਉਡਾਉਣ ਵਾਲੀਆਂ ਹਨ।

وَالذَّارِيَاتِ ذَرْوًا (1)

2 ਫੇਰ ਉਹਨਾਂ ਬੱਦਲਾਂ ਦੀ ਜਿਹੜੇ ਪਾਣੀ ਦਾ ਭਾਰ ਚੁੱਕਣ ਵਾਲੇ ਹਨ।

فَالْحَامِلَاتِ وِقْرًا (2)

3 (ਸੁੰਹ) ਉਹਨਾਂ ਬੇੜੀਆਂ ਦੀ ਜਿਹੜੀਆਂ ਆਸਾਨੀ ਨਾਲ ਵਗਣ ਵਾਲੀਆਂ ਹਨ।

فَالْجَارِيَاتِ يُسْرًا (3)

4. (ਸੁੰਹ) ਉਹਨਾਂ ਫ਼ਰਿਸ਼ਤਿਆਂ ਦੀ ਜਿਹੜੇ ਕੰਮ ਵੰਡਣ ਵਾਲੇ ਹਨ।

فَالْمُقَسِّمَاتِ أَمْرًا (4)

5. ਕਿ ਬੇਸ਼ੱਕ (ਕਿਆਮਤ ਦਿਹਾੜੇ) ਜਿਸ ਦਾ ਵਾਅਦਾ ਤੁਹਾਡੇ ਨਾਲ ਕੀਤਾ ਜਾ ਰਿਹਾ ਹੈ ਉਹ ਸੱਚਾ ਹੈ।

إِنَّمَا تُوعَدُونَ لَصَادِقٌ ٥

6. ਨਿਰਸੰਦੇਹ, ਕਰਮਾਂ ਦਾ ਬਦਲਾ ਜ਼ਰੂਰ ਮਿਲਣ ਵਾਲਾ ਹੈ।

وَإِنَّ الدِّينَ لَوَاقِعٌ ٦

7. ਸਹੁੰ ਹੈ ਉਹਨਾਂ ਅਕਾਸ਼ਾਂ ਦੀ ਜਿਹੜੇ ਰਾਹਾਂ ਵਾਲੇ ਹਨ।

وَالسَّمَاءِ ذَاتِ الْحُبُكِ ٧

8. ਬੇਸ਼ੱਕ ਤੁਸੀਂ (ਪਰਲੋਕ ਬਾਰੇ) ਵਾਦ ਵਿਵਾਦ ਵਿਚ ਪਏ ਹੋਏ ਹੋ।

إِنَّكُمْ لَفِي قَوْلٍ مُخْتَلِفٍ ٨

9. ਉਸ ਈਮਾਨ ਤੋਂ ਉਹੀਓ ਬੇਮੁੱਖ ਹੁੰਦਾ ਹੈ ਜਿਹੜਾ ਭਲਾਈ ਤੋਂ ਬੇਮੁਖਾ ਹੋਵੇ।

يُؤْفَكُ عَنْهُ مَنْ أُفِكَ ٩

10. ਅਟਕਲ ਪੱਚੂ ਗੱਲਾਂ ਕਰਨ ਵਾਲੇ ਤਾਂ ਮਾਰੇ ਗਏ।

قُتِلَ الْخَرَّاصُونَ ١٠

11. ਉਹ ਲੋਕ ਜਿਹੜੇ ਗ਼ਫ਼ਲਤ ਵਿਚ ਬੇ-ਸੁਰਤ ਹਨ।

الَّذِينَ هُمْ فِي غَمْرَةٍ سَاهُونَ ١١

12. ਉਹ ਪੁੱਛਦੇ ਹਨ ਕਿ ਬਦਲੇ ਵਾਲਾ ਦਿਨ ਕਦੋਂ ਆਵੇਗਾ?

يَسْأَلُونَ أَيَّانَ يَوْمُ الدِّينِ ١٢

13. (ਪਰਲੋਕ ਉਸ ਦਿਨ ਆਵੇਗਾ) ਜਦੋਂ ਉਹ (ਬੇ-ਸੁਰਤ ਲੋਕ) ਅੱਗ ਵਿਚ ਸਾੜੇ ਜਾਣਗੇ।

يَوْمَ هُمْ عَلَى النَّارِ يُفْتَنُونَ ١٣

14. ਅਤੇ ਆਖਿਆ ਜਾਵੇਗਾ ਕਿ ਹੁਣ ਆਪਣੇ ਅਜ਼ਾਬ ਦਾ ਸੁਆਦ ਵੇਖੋ, ਇਹੋ ਉਹ ਅਜ਼ਾਬ ਹੈ ਜਿਸ ਲਈ ਤੁਸੀਂ ਕਾਹਲੀ ਪਾ ਰਹੇ ਸੀ।

ذُوقُوا فِتْنَتَكُمْ هَٰذَا الَّذِي كُنْتُمْ بِهِ
تَسْتَعْجِلُونَ ١٤

15. ਬੇਸ਼ੱਕ ਉਸ ਦਿਹਾੜੇ ਮੁੱਤਕੀ (ਭਾਵ ਰੱਬ ਤੋਂ ਡਰਨ ਵਾਲੇ) ਬਾਗ਼ਾਂ ਤੇ ਚਸ਼ਮਿਆਂ ਵਿਚ ਹੋਣਗੇ।[1]

إِنَّ الْمُتَّقِينَ فِي جَنَّاتٍ وَعُيُونٍ ١٥

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 2/2

16. ਜੋ ਵੀ ਉਹਨਾਂ ਦਾ ਰੱਬ ਉਹਨਾਂ ਨੂੰ ਦੇਵੇਗਾ, ਉਹ ਉਸ ਨੂੰ (ਖ਼ੁਸ਼ੀ ਖ਼ੁਸ਼ੀ) ਲੈ ਰਹੇ ਹੋਣਗੇ। ਬੇਸ਼ੱਕ ਉਹ ਇਸ (ਦਿਹਾੜੇ ਆਉਣ) ਤੋਂ ਪਹਿਲਾਂ ਨੇਕੀ ਕਰਨ ਵਾਲੇ ਲੋਕ ਸਨ।

آخِذِينَ مَا آتَاهُمْ رَبُّهُمْ ۚ إِنَّهُمْ كَانُوا قَبْلَ ذَٰلِكَ مُحْسِنِينَ ﴿16﴾

17. ਉਹ ਰਾਤਾਂ ਨੂੰ ਬਹੁਤ ਹੀ ਘੱਟ ਸੌਂਦੇ ਸਨ।

كَانُوا قَلِيلًا مِّنَ اللَّيْلِ مَا يَهْجَعُونَ ﴿17﴾

18. ਅਤੇ ਉਹ ਸਰਘੀ ਵੇਲੇ ਬਖ਼ਸ਼ਿਸ਼ (ਦੀ ਦੁਆਵਾਂ) ਮੰਗਦੇ ਸਨ।

وَبِالْأَسْحَارِ هُمْ يَسْتَغْفِرُونَ ﴿18﴾

19. ਉਹਨਾਂ ਦੀ ਧਨ-ਦੌਲਤ ਵਿਚ ਮੰਗਤਿਆਂ ਤੇ ਮਹਿਰੂਮਾਂ (ਲੋੜਵੰਦਾਂ) ਦਾ ਵੀ ਹੱਕ ਹੁੰਦਾ ਸੀ।[1]

وَفِي أَمْوَالِهِمْ حَقٌّ لِّلسَّائِلِ وَالْمَحْرُومِ ﴿19﴾

20. ਵਿਸ਼ਵਾਸ ਕਰਨ ਵਾਲਿਆਂ ਲਈ ਧਰਤੀ ਵਿਚ (ਬਹੁਤ ਸਾਰੀਆਂ) ਨਿਸ਼ਾਨੀਆਂ ਹਨ।

وَفِي الْأَرْضِ آيَاتٌ لِّلْمُوقِنِينَ ﴿20﴾

21. ਅਤੇ ਤੁਹਾਡੀ ਆਪਣੀ ਜ਼ਾਤ ਵਿਚ ਵੀ (ਨਿਸ਼ਾਨੀਆਂ) ਹਨ, ਕੀ ਫੇਰ ਵੀ ਤੁਸੀਂ ਵੇਖਦੇ ਨਹੀਂ?

وَفِي أَنفُسِكُمْ ۚ أَفَلَا تُبْصِرُونَ ﴿21﴾

22. ਤੁਹਾਡੀ ਰੋਜ਼ੀ ਅਤੇ ਉਹ ਚੀਜ਼ ਵੀ (ਸਵਰਗ-ਨਰਕ) ਜਿਸ ਦਾ ਤੁਹਾਨੂੰ ਵਚਨ ਦਿੱਤਾ ਜਾ ਰਿਹਾ ਹੈ, ਅਕਾਸ਼ ਵਿਚ ਹੈ।

وَفِي السَّمَاءِ رِزْقُكُمْ وَمَا تُوعَدُونَ ﴿22﴾

23. ਅਕਾਸ਼ ਤੇ ਧਰਤੀ ਦੇ ਰੱਬ ਦੀ ਸਹੁੰ, ਇਹ (ਕਿਆਮਤ) ਇਕ ਅਟੱਲ ਸੱਚਾਈ ਹੈ, ਜਿਵੇਂ ਤੁਹਾਡਾ ਬੋਲਣਾ।

فَوَرَبِّ السَّمَاءِ وَالْأَرْضِ إِنَّهُ لَحَقٌّ مِّثْلَ مَا أَنَّكُمْ تَنطِقُونَ ﴿23﴾

24 (ਹੇ ਨਬੀ!) ਕੀ ਤੁਹਾਡੇ ਕੋਲ ਇਬਰਾਹੀਮ ਦੇ ਪਤਵੰਤੇ ਮਹਿਮਾਨਾਂ ਦੀ ਖ਼ਬਰ ਪਹੁੰਚੀ ਹੈ?

هَلْ أَتَاكَ حَدِيثُ ضَيْفِ إِبْرَاهِيمَ الْمُكْرَمِينَ ﴿24﴾

25. ਜਦੋਂ ਉਹ (ਫ਼ਰਿਸ਼ਤੇ ਮਹਿਮਾਨ ਬਣ ਕੇ) ਉਸ (ਇਬਰਾਹੀਮ) ਕੋਲ ਪਹੁੰਚੇ ਤਾਂ ਉਹਨਾਂ ਨੇ ਸਲਾਮ ਆਖਿਆ ਇਬਰਾਹੀਮ ਨੇ ਆਖਿਆ ਕਿ ਤੁਹਾਨੂੰ ਵੀ

إِذْ دَخَلُوا عَلَيْهِ فَقَالُوا سَلَامًا ۖ قَالَ سَلَامٌ قَوْمٌ مُّنكَرُونَ ﴿25﴾

---

[1] ਵੇਖੋ ਸੂਰਤ ਅਨ-ਨਿਸਾ, ਹਾਸ਼ੀਆ ਆਇਤ 37/4

ਸਲਾਮ ਹੋਵੇ, ਫੇਰ ਮਨ ਵਿਚ ਹੀ ਕਿਹਾ ਕਿ ਤੁਸੀਂ ਲੋਕ ਤਾਂ ਅਣਪਛਾਤੇ ਹੋ।

26. ਫੇਰ ਚੁਪ ਚਪੀਤਾ ਆਪਣੇ ਘਰ ਆਇਆ ਅਤੇ ਇਕ ਮੋਟਾ ਤਾਜ਼ਾ (ਭੁੱਜਾ ਹੋਇਆ) ਵੱਛਾ ਲਿਆਇਆ।

فَرَاغَ إِلَىٰ أَهْلِهِ فَجَاءَ بِعِجْلٍ سَمِينٍ (26)

27. ਅਤੇ ਉਹਨਾਂ ਅੱਗੇ ਪੇਸ਼ ਕੀਤਾ ਅਤੇ (ਜਦੋਂ ਉਹਨਾਂ ਨੇ ਨਹੀਂ ਖਾਇਆ ਤਾਂ) ਆਖਿਆ ਕਿ ਤੁਸੀਂ ਖਾਂਦੇ ਕਿਉਂ ਨਹੀਂ?

فَقَرَّبَهُ إِلَيْهِمْ قَالَ أَلَا تَأْكُلُونَ (27)

28. ਫੇਰ ਉਹ (ਦਿਲ ਹੀ ਦਿਲ ਵਿਚ) ਉਹਨਾਂ ਕੋਲੋਂ ਡਰ ਗਿਆ। ਅਤੇ ਉਹਨਾਂ (ਮਹਿਮਾਨਾਂ) ਨੇ ਆਖਿਆ ਕਿ ਤੂੰ ਸਾਥੋਂ ਨਾ ਡਰ ਅਤੇ ਉਸ ਨੂੰ ਇਕ ਗਿਆਨਵਾਨ ਪੁੱਤਰ ਹੋਣ ਦੀ ਖ਼ੁਸ਼ਖ਼ਬਰੀ ਸੁਣਾਈ।

فَأَوْجَسَ مِنْهُمْ خِيفَةً ۖ قَالُوا لَا تَخَفْ ۖ وَبَشَّرُوهُ بِغُلَامٍ عَلِيمٍ (28)

29. ਇਹ ਸੁਣ ਕੇ ਇਬਰਾਹੀਮ ਦੀ ਪਤਨੀ (ਸਾਰਾ) ਹਾਏ-ਦੁਹਾਈ ਪਾਉਂਦੀ ਹੋਈ ਸਾਹਮਣੇ ਆਈ, ਉਸ ਨੇ ਆਪਣਾ ਮੂੰਹ-ਮੱਥਾ ਪਿੱਟ ਲਿਆ ਤੇ ਆਖਿਆ ਕਿ ਮੈਂ ਇਕ ਬੁੱਢੀ ਬਾਂਝ ਹਾਂ (ਭਲਾ ਮੇਰੇ ਔਲਾਦ ਕਿਵੇਂ ਹੋਵੇਗੀ)।[1]

فَأَقْبَلَتِ امْرَأَتُهُ فِي صَرَّةٍ فَصَكَّتْ وَجْهَهَا وَقَالَتْ عَجُوزٌ عَقِيمٌ (29)

30. ਉਹਨਾਂ (ਫ਼ਰਿਸ਼ਤਿਆਂ) ਨੇ ਆਖਿਆ ਕਿ ਤੁਹਾਡੇ ਰੱਬ ਨੇ ਇਹੋ ਫ਼ਰਮਾਇਆ ਹੈ। ਬੇਸ਼ੱਕ ਉਹ ਯੁਕਤੀਮਾਨ ਤੇ ਵੱਡਾ ਜਾਣਨਹਾਰ ਹੈ।

قَالُوا كَذَٰلِكِ قَالَ رَبُّكِ ۖ إِنَّهُ هُوَ الْحَكِيمُ الْعَلِيمُ (30)

---

[1] ਜਦੋਂ ਹਜ਼ਰਤ ਸਾਰਾ ਨੇ ਇਹ ਕਿਹਾ ਸੀ ਕਿ ਮੇਰੇ ਬੱਚਾ ਕਿਵੇਂ ਹੋ ਸਕਦਾ ਹੈ ਉਸ ਸਮੇਂ ਹਜ਼ਰਤ ਸਾਰਾ ਦੀ ਉਮਰ 99 ਸਾਲ ਸੀ।

قَالَ فَمَا خَطْبُكُمْ أَيُّهَا الْمُرْسَلُونَ ﴿31﴾

31. ਇਬਰਾਹੀਮ ਨੇ ਪੁੱਛਿਆ, ਹੇ ਭੇਜੇ ਹੋਏ ਫ਼ਰਿਸ਼ਤਿਓ! ਤੁਹਾਡੇ ਆਉਣ ਦਾ ਕੀ ਉਦੇਸ਼ ਹੈ?

قَالُوا إِنَّا أُرْسِلْنَا إِلَىٰ قَوْمٍ مُجْرِمِينَ ﴿32﴾

32. ਉਹਨਾਂ ਨੇ ਆਖਿਆ ਕਿ ਸਾਨੂੰ ਇਕ ਅਪਰਾਧੀ ਕੌਮ ਵੱਲ ਭੇਜਿਆ ਗਿਆ ਹੈ।

لِنُرْسِلَ عَلَيْهِمْ حِجَارَةً مِنْ طِينٍ ﴿33﴾

33 ਤਾਂ ਜੋ ਅਸੀਂ ਉਸ 'ਤੇ ਪੱਥਰਾਂ ਦਾ ਮੀਂਹ ਵਰ੍ਹਾ ਦੇਈਏ।

مُسَوَّمَةً عِنْدَ رَبِّكَ لِلْمُسْرِفِينَ ﴿34﴾

34. ਜਿਹੜੇ ਤੁਹਾਡੇ ਰੱਬ ਕੋਲੋਂ ਹੱਦੋਂ ਟੱਪਣ ਵਾਲਿਆਂ (ਉੱਤੇ ਸੁੱਟਣ) ਲਈ ਨਿਸ਼ਾਨ ਲਾਏ ਪਏ ਹਨ।

فَأَخْرَجْنَا مَنْ كَانَ فِيهَا مِنَ الْمُؤْمِنِينَ ﴿35﴾

35. ਫੇਰ ਅਸੀਂ ਉਸ ਬਸਤੀ ਵਿੱਚੋਂ ਈਮਾਨ ਵਾਲਿਆਂ ਨੂੰ ਕੱਢ ਲਿਆ।

فَمَا وَجَدْنَا فِيهَا غَيْرَ بَيْتٍ مِنَ الْمُسْلِمِينَ ﴿36﴾

36 ਅਸੀਂ ਉੱਥੇ ਕੇਵਲ ਇਕ ਹੀ ਘਰ ਮੁਸਲਮਾਨਾਂ (ਆਗਿਆਕਾਰੀਆਂ) ਦਾ ਵੇਖਿਆ।[1]

وَتَرَكْنَا فِيهَا آيَةً لِلَّذِينَ يَخَافُونَ
الْعَذَابَ الْأَلِيمَ ﴿37﴾

37 ਅਸੀਂ ਉਹਨਾਂ ਲੋਕਾਂ ਲਈ, ਜਿਹੜੇ ਦੁਖਦਾਈ ਅਜ਼ਾਬ ਤੋਂ ਡਰਦੇ ਹਨ, ਇਕ ਨਿਸ਼ਾਨੀ ਰੱਖ ਛੱਡੀ।

وَفِي مُوسَىٰ إِذْ أَرْسَلْنَاهُ إِلَىٰ فِرْعَوْنَ بِسُلْطَانٍ
مُبِينٍ ﴿38﴾

38. ਮੂਸਾ ਦੇ ਕਿੱਸੇ ਵਿਚ ਵੀ ਇਕ ਵੱਡੀ ਨਿਸ਼ਾਨੀ ਹੈ, ਜਦੋਂ ਅਸੀਂ ਉਸ ਨੂੰ ਫ਼ਿਰਔਨ ਵੱਲ ਇਕ ਮੋਅਜਜ਼ਾ (ਸਪਸ਼ਟ ਦਲੀਲਾਂ) ਦੇਕੇ ਭੇਜਿਆ।

فَتَوَلَّىٰ بِرُكْنِهِ وَقَالَ سَاحِرٌ أَوْ مَجْنُونٌ ﴿39﴾

39 ਉਸ ਨੇ ਆਪਣੀ ਤਾਕਤ ਦੇ ਬਲਬੂਤੇ 'ਤੇ ਹੱਕ ਤੋਂ ਮੂੰਹ ਮੋੜਿਆ ਅਤੇ ਕਿਹਾ ਕਿ ਮੂਸਾ ਤਾਂ ਜਾਦੂਗਰ ਹੈ ਜਾਂ ਸ਼ੁਦਾਈ ਹੈ।

فَأَخَذْنَاهُ وَجُنُودَهُ فَنَبَذْنَاهُمْ فِي الْيَمِّ وَهُوَ
مُلِيمٌ ﴿40﴾

40 ਅੰਤ ਅਸੀਂ ਉਸ ਨੂੰ ਅਤੇ ਉਸ ਦੀਆਂ ਫ਼ੌਜਾਂ ਨੂੰ ਫੜ ਲਿਆ ਅਤੇ ਉਹਨਾਂ ਸਾਰਿਆਂ ਨੂੰ ਸਮੁੰਦਰ

---

[1] ਇਕ ਹਦੀਸ ਵਿਚ ਅੱਲਾਹ ਦੇ ਨਬੀ ਨੇ ਫ਼ਰਮਾਇਆ ਕਿ ਮੇਰੀ ਉੱਮਤ ਵਿਚ ਇਕ ਧੜਾ ਸਦਾ ਹੀ ਹੱਕ ਉੱਤੇ ਕਾਇਮ ਰਹੇਗਾ। ਜੋ ਕੋਈ ਵੀ ਉਸ ਨੂੰ ਨੁਕਸਾਨ ਪਹੁੰਚਾਉਣਾ ਚਾਹੇਗਾ ਜਾਂ ਝੁਠਲਾਏਗਾ ਉਹ ਉਨ੍ਹਾਂ ਦਾ ਕੁਝ ਨਹੀਂ ਵਿਗਾੜ ਸਕੇਗਾ। ਇੱਥੋਂ ਤੱਕ ਕਿ ਅੱਲਾਹ ਦਾ ਹੁਕਮ ਆ ਪਹੁੰਚੇਗਾ ਅਤੇ ਉਹ ਇਸੇ ਹਾਲਤ ਵਿਚ ਰਹਿਣਗੇ। (ਸਹੀ ਬੁਖ਼ਾਰੀ, ਹਦੀਸ: 7460)

ਵਿਚ ਸੁੱਟ ਦਿੱਤਾ, ਕਿਉਂ ਜੋ ਉਹ ਨਿੰਦਣ ਯੋਗ ਕੰਮ ਕਰਦੇ ਸਨ।

41. ਆਦ ਦੇ ਕਿੱਸੇ ਵਿਚ ਵੀ ਨਿਸ਼ਾਨੀਆਂ ਹਨ, ਅਸੀਂ ਉਹਨਾਂ ਉੱਤੇ ਇਕ ਅਸ਼ੁਭ ਹਨੇਰੀ ਭੇਜੀ।

وَفِي عَادٍ إِذْ أَرْسَلْنَا عَلَيْهِمُ الرِّيحَ الْعَقِيمَ ﴿41﴾

42. ਜਿਸ ਉੱਤੇ ਵੀ ਉਹ ਲੰਘਦੀ ਉਸ ਨੂੰ ਚੂਰਾ-ਚੂਰਾ ਬਣਾ ਛੱਡਦੀ।

مَا تَذَرُ مِنْ شَيْءٍ أَتَتْ عَلَيْهِ إِلَّا جَعَلَتْهُ كَالرَّمِيمِ ﴿42﴾

43. ਸਮੂਦ ਦੇ ਕਿੱਸੇ ਵਿਚ ਵੀ (ਕੁਦਰਤ ਦੀ) ਨਿਸ਼ਾਨੀ ਹੈ ਜਦੋਂ ਉਹਨਾਂ ਨੂੰ (ਉਹਨਾਂ ਦੇ ਰਸੂਲ ਨੇ) ਆਖਿਆ ਸੀ ਕਿ ਤੁਸੀਂ ਇਕ ਵਿਸ਼ੇਸ਼ ਸਮੇਂ ਤਕ (ਸੰਸਾਰ ਦਾ) ਲਾਭ ਉਠਾ ਲਵੋ।

وَفِي ثَمُودَ إِذْ قِيلَ لَهُمْ تَمَتَّعُوا حَتَّىٰ حِينٍ ﴿43﴾

44. ਪਰ ਉਹਨਾਂ ਨੇ ਆਪਣੇ ਰੱਬ ਦੇ ਹੁਕਮਾਂ ਦੀ ਉਲੰਘਣਾ ਕੀਤੀ, ਅੰਤ ਉਹਨਾਂ ਨੂੰ ਇਕ ਕੜਕ ਨੇ ਆ ਨੱਪਿਆ, ਜਦੋਂ ਕਿ ਉਹ ਉਸ ਨੂੰ ਵੇਖ ਰਹੇ ਸੀ।

فَعَتَوْا عَنْ أَمْرِ رَبِّهِمْ فَأَخَذَتْهُمُ الصَّاعِقَةُ وَهُمْ يَنْظُرُونَ ﴿44﴾

45. ਫੇਰ ਨਾ ਤਾਂ ਉਹਨਾਂ ਵਿਚ ਉੱਠਣ ਦੀ ਹਿੰਮਤ ਸੀ ਤੇ ਨਾ ਹੀ ਉਹ ਆਪਣਾ ਬਦਲਾ ਲੈ ਸਕਦੇ ਸੀ।

فَمَا اسْتَطَاعُوا مِنْ قِيَامٍ وَمَا كَانُوا مُنْتَصِرِينَ ﴿45﴾

46. ਇਸ ਤੋਂ ਪਹਿਲਾਂ ਅਸੀਂ ਨੂਹ ਦੀ ਕੌਮ ਨੂੰ ਹਲਾਕ ਕੀਤਾ, ਬੇਸ਼ੱਕ ਉਹ ਲੋਕ ਨਾ-ਫ਼ਰਮਾਨ ਸਨ।

وَقَوْمَ نُوحٍ مِنْ قَبْلُ ۖ إِنَّهُمْ كَانُوا قَوْمًا فَاسِقِينَ ﴿46﴾

47 ਅਕਾਸ਼ ਨੂੰ ਅਸੀਂ ਆਪਣੇ ਹੱਥੀ ਬਣਾਇਆ, ਬੇਸ਼ੱਕ ਅਸੀਂ ਇਸ ਦੀ ਸਮਰਥਾ ਰੱਖਦੇ ਹਾਂ।

وَالسَّمَاءَ بَنَيْنَاهَا بِأَيْدٍ وَإِنَّا لَمُوسِعُونَ ﴿47﴾

48. ਅਸੀਂ ਧਰਤੀ ਨੂੰ (ਫ਼ਰਸ਼ ਵਾਂਗ) ਵਿਛਾਇਆ, ਅਸੀਂ ਕਿੰਨੇ ਵਧੀਆ ਵਿਛਾਉਣ ਵਾਲੇ ਹਾਂ।

وَالْأَرْضَ فَرَشْنَاهَا فَنِعْمَ الْمَاهِدُونَ ﴿48﴾

49. ਅਸੀਂ ਹਰ ਜੀਵ-ਜੰਤੂ ਦਾ ਜੋੜਾ ਪੈਦਾ ਕੀਤਾ ਤਾਂ ਜੋ ਤੁਸੀਂ ਨਸੀਹਤ ਪ੍ਰਾਪਤ ਕਰ ਸਕੋ।

وَمِنْ كُلِّ شَيْءٍ خَلَقْنَا زَوْجَيْنِ لَعَلَّكُمْ تَذَكَّرُونَ ﴿49﴾

50. ਸੋ ਤੁਸੀਂ ਅੱਲਾਹ ਵੱਲ ਨੱਸੋ, ਮੈਂ ਤੁਹਾਨੂੰ ਉਸ (ਅਜ਼ਾਬ) ਤੋਂ ਸਪਸ਼ਟ ਰੂਪ ਵਿਚ ਡਰਾਉਣ ਵਾਲਾ ਹਾਂ।

فَفِرُّوا إِلَى اللَّهِ ۖ إِنِّي لَكُمْ مِنْهُ نَذِيرٌ مُبِينٌ ﴿50﴾

---

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

51. ਤੁਸੀਂ ਅੱਲਾਹ ਦੇ ਨਾਲ ਕਿਸੇ ਹੋਰ ਨੂੰ ਇਬਟ ਨਾ ਬਣਾਓ, ਨਿਰਸੰਦੇਹ, ਮੈਂ ਤੁਹਾਨੂੰ ਇਸ ਤੋਂ ਸਪਸ਼ਟ ਰੂਪ ਵਿਚ ਡਰਾਉਣ ਵਾਲਾ ਹਾਂ।

وَلَا تَجْعَلُوا مَعَ اللَّهِ إِلَٰهًا آخَرَ ۖ إِنِّي لَكُم مِّنْهُ نَذِيرٌ مُّبِينٌ ﴿٥١﴾

52. ਇਸੇ ਤਰ੍ਹਾਂ ਜਿਹੜੇ ਲੋਕ ਇਹਨਾਂ ਤੋਂ ਪਹਿਲਾਂ ਬੀਤ ਚੁੱਕੇ ਹਨ, ਉਹਨਾਂ ਕੋਲ ਜਿਹੜਾ ਵੀ ਰਸੂਲ ਆਇਆ ਤਾਂ ਉਹਨਾਂ ਨੇ ਬਸ ਇਹੋ ਆਖਿਆ ਕਿ ਇਹ ਤਾਂ ਜਾਦੂਗਰ ਹੈ ਜਾਂ ਕੋਈ ਸੁਦਾਈ ਹੈ।

كَذَٰلِكَ مَا أَتَى الَّذِينَ مِن قَبْلِهِم مِّن رَّسُولٍ إِلَّا قَالُوا سَاحِرٌ أَوْ مَجْنُونٌ ﴿٥٢﴾

53. ਕੀ ਉਹ ਇਕ ਦੂਜੇ ਨੂੰ ਇਹੋ ਗੱਲ ਦੱਸਦੇ ਆਏ ਹਨ? ਨਹੀਂ ਸਗੋਂ ਉਹ ਤਾਂ ਸਾਰੇ ਬਾਗ਼ੀ ਹਨ।

أَتَوَاصَوْا بِهِ ۚ بَلْ هُمْ قَوْمٌ طَاغُونَ ﴿٥٣﴾

54 (ਹੇ ਨਬੀ!) ਜੇ ਤੁਸੀਂ ਇਹਨਾਂ ਤੋਂ ਮੂੰਹ ਫੇਰ ਲਓ ਤਾਂ ਤੁਹਾਡੇ ਲਈ ਕੋਈ ਗੁਨਾਹ ਨਹੀਂ।

فَتَوَلَّ عَنْهُمْ فَمَا أَنتَ بِمَلُومٍ ﴿٥٤﴾

55. ਸੋ ਤੁਸੀਂ ਨਸੀਹਤ ਕਰਦੇ ਰਹੋ ਕਿਉਂ ਜੋ ਨਸੀਹਤ ਕਰਨਾ ਈਮਾਨ ਵਾਲਿਆਂ ਲਈ ਲਾਹੇਵੰਦ ਹੈ।

وَذَكِّرْ فَإِنَّ الذِّكْرَىٰ تَنفَعُ الْمُؤْمِنِينَ ﴿٥٥﴾

56 ਮੈਂ ਨੇ ਜਿੰਨਾਂ ਅਤੇ ਮਨੁੱਖਾਂ ਨੂੰ ਕੇਵਲ ਇਸ ਲਈ ਸਾਜਿਆ ਹੈ ਕਿ ਉਹ ਮੇਰੀ ਹੀ ਬੰਦਗੀ ਕਰਨ।

وَمَا خَلَقْتُ الْجِنَّ وَالْإِنسَ إِلَّا لِيَعْبُدُونِ ﴿٥٦﴾

57. ਮੈਂ ਉਹਨਾਂ ਕੋਲੋਂ ਕੋਈ ਰੋਜ਼ੀ ਨਹੀਂ ਚਾਹੁੰਦਾ ਹਾਂ ਨਾ ਹੀ ਮੈਂ ਇਹ ਚਾਹੁੰਦਾ ਹਾਂ ਕਿ ਉਹ ਮੈਨੂੰ ਖੁਆਉਣ।

مَا أُرِيدُ مِنْهُم مِّن رِّزْقٍ وَمَا أُرِيدُ أَن يُطْعِمُونِ ﴿٥٧﴾

58. ਨਿਰਸੰਦੇਹ, ਅੱਲਾਹ ਤਾਂ ਆਪ ਹੀ ਰੋਜ਼ੀ ਦੇਣ ਵਾਲਾ ਹੈ, ਵੱਡਾ ਜ਼ੋਰਾਵਰ ਤੇ ਸ਼ਕਤੀਸ਼ਾਲੀ ਹੈ।

إِنَّ اللَّهَ هُوَ الرَّزَّاقُ ذُو الْقُوَّةِ الْمَتِينُ ﴿٥٨﴾

59. ਸੋ ਜਿਨ੍ਹਾਂ ਨੇ ਵਧੀਕੀਆਂ ਕੀਤੀਆਂ ਹਨ ਉਹਨਾਂ ਦੇ ਭਾਗਾਂ ਵਿਚ ਅਜ਼ਾਬ ਹੈ ਜਿਵੇਂ ਉਹਨਾਂ ਦੇ ਸਾਥੀਆਂ ਦੇ ਭਾਗਾਂ ਵਿਚ ਸੀ। ਇਸ ਲਈ ਇਹ ਲੋਕ ਮੈਥੋਂ (ਅਜ਼ਾਬ ਲਈ) ਕਾਹਲੀ ਨਾ ਪਾਉਣ।

فَإِنَّ لِلَّذِينَ ظَلَمُوا ذَنُوبًا مِّثْلَ ذَنُوبِ أَصْحَابِهِمْ فَلَا يَسْتَعْجِلُونِ ﴿٥٩﴾

60. ਅੰਤ ਇਨਕਾਰੀਆਂ ਲਈ ਬਰਬਾਦੀ ਹੈ, ਉਸ ਦਿਹਾੜੇ ਜਿਸ ਦਾ ਇਹਨਾਂ ਨਾਲ ਵਾਅਦਾ ਕੀਤਾ ਜਾ ਰਿਹਾ ਹੈ।[1]

فَوَيْلٌ لِّلَّذِينَ كَفَرُوا مِن يَوْمِهِمُ الَّذِي يُوعَدُونَ (60)

52. ਸੂਰਤ ਅਤ-ਤੂਰ (ਮੱਕੀ-76)

سُورَةُ الطُّورِ

(ਆਇਤਾਂ 49, ਰੁਕੂਅ 2)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1 ਸੌਂਹ ਹੈ ਤੂਰ (ਪਹਾੜ) ਦੀ।

وَالطُّورِ (1)

2 ਸੌਂਹ, ਉਸ ਕਿਤਾਬ ਦੀ, ਜਿਹੜੀ (ਲੌਹੇ-ਮਹਿਫ਼ੂਜ਼ ਵਿਚ) ਲਿਖੀ ਹੋਈ ਹੈ।

وَكِتَابٍ مَّسْطُورٍ (2)

3 ਜਿਹੜੀ ਖੁੱਲ੍ਹੇ (ਸਾਫ਼) ਕਾਗ਼ਜ਼ ਉੱਤੇ ਲਿਖੀ ਹੋਈ ਹੈ।

فِي رَقٍّ مَّنشُورٍ (3)

4 ਸੌਂਹ, ਰਸਦੇ ਵਸਦੇ ਘਰ ਦੀ।

وَالْبَيْتِ الْمَعْمُورِ (4)

5. ਉੱਚੀ ਛੱਤ ਦੀ ਸੌਂਹ।

وَالسَّقْفِ الْمَرْفُوعِ (5)

6. ਭੜਕੇ ਹੋਏ ਸਮੁੰਦਰਾਂ ਦੀ ਸੌਂਹ।

وَالْبَحْرِ الْمَسْجُورِ (6)

7 ਬੇਸ਼ੱਕ ਤੁਹਾਡੇ ਰੱਬ ਦਾ ਅਜ਼ਾਬ ਜ਼ਰੂਰ ਵਾਪਰੇਗਾ।

إِنَّ عَذَابَ رَبِّكَ لَوَاقِعٌ (7)

8. ਉਸ (ਕਿਆਮਤ) ਨੂੰ ਰੋਕਣ ਵਾਲਾ ਕੋਈ ਨਹੀਂ।

مَّا لَهُ مِن دَافِعٍ (8)

---

1 ਹਜ਼ਰਤ ਅਨਸ ਨਬੀ (ਸ.) ਤੋਂ ਰਿਵਾਇਤ ਕਰਦੇ ਹਨ ਕਿ ਅੱਲਾਹ ਉਨ੍ਹਾਂ ਨਰਕੀਆਂ ਤੋਂ ਪੁੱਛੇਗਾ ਜਿਨ੍ਹਾਂ ਨੂੰ ਸਭ ਤੋਂ ਘਟ ਸਜ਼ਾ ਦਿੱਤੀ ਜਾਵੇਗੀ ਕਿ ਜੇ ਤੁਹਾਨੂੰ ਉਹ ਸਭ ਕੁਝ ਮਿਲ ਜਾਵੇ ਜੋ ਧਰਤੀ ਉੱਤੇ ਹੈ ਤਾਂ ਕੀ ਤੁਸੀਂ ਉਸ ਦੇ ਬਦਲੇ ਇਸ ਬਿਪਤਾ ਤੋਂ ਮੁਕਤੀ ਪਾਉਣਾ ਪਸੰਦ ਕਰੋਗੇ? ਉਹ ਆਖਣਗੇ ਕਿ ਹੇ ਅੱਲਾਹ! ਜ਼ਰੂਰ ਹੀ ਕਰਾਂਗੇ। ਅੱਲਾਹ ਆਖੇਗਾ ਕਿ ਜਦੋਂ ਤੁਸੀਂ ਆਦਮ ਦੀ ਪਿੱਠ ਵਿਚ ਸੀ ਤਾਂ ਮੈਂਨੇ ਤੁਹਾਥੋਂ ਇਸ ਤੋਂ ਬਹੁਤ ਹੀ ਘਟ ਮੰਗ ਕੀਤੀ ਸੀ। ਪਰ ਤੁਸੀਂ ਮੇਰੇ ਨਾਲ ਦੂਜਿਆਂ ਇਸ਼ਟਾਂ ਦੀ ਵੀ ਪੂਜਾ ਕਰਦੇ ਰਹੇ। ਸੋ ਹੁਣ ਤੁਸੀਂ ਨਰਕ ਦਾ ਵੀ ਸਵਾਦ ਚੱਖੋ। (ਸਹੀ ਬੁਖ਼ਾਰੀ, ਹਦੀਸ: 3334)

9. ਉਹ ਉਸ ਦਿਨ ਵਾਪਰੇਗਾ, ਜਿਸ ਦਿਨ ਅਕਾਸ਼ ਬੁਰੀ ਤਰ੍ਹਾਂ ਡਿਕ-ਡੋਲੇ ਖਾਵੇਗਾ।	يَوْمَ تَمُورُ السَّمَاءُ مَوْرًا ﴿٩﴾
10 ਪਹਾੜ ਤੁਰਨ ਲੱਗ ਪੈਣਗੇ।	وَتَسِيرُ الْجِبَالُ سَيْرًا ﴿١٠﴾
11. ਸੋ ਉਸ ਦਿਨ ਝੁਠਲਾਉਣ ਵਾਲਿਆਂ ਲਈ ਬਰਬਾਦੀ ਹੈ।	فَوَيْلٌ يَوْمَئِذٍ لِّلْمُكَذِّبِينَ ﴿١١﴾
12. ਜਿਹੜੇ ਹੱਕ ਨੂੰ ਝੁਠਲਾਉਣ ਵਿਚ ਖੇਡ ਵਜੋਂ [illegible]।	الَّذِينَ هُمْ فِي خَوْضٍ يَلْعَبُونَ ﴿١٢﴾
13. ਜਿਸ ਦਿਨ ਉਹਨਾਂ ਨੂੰ ਧੱਕੇ ਮਾਰ-ਮਾਰ ਕੇ ਨਰਕ ਦੀ ਅੱਗ ਵਿਚ ਧਕੇਲਿਆ ਜਾਵੇਗਾ।	يَوْمَ يُدَعُّونَ إِلَىٰ نَارِ جَهَنَّمَ دَعًّا ﴿١٣﴾
14. ਆਖਿਆ ਜਾਵੇਗਾ ਕਿ ਇਹੋ ਹੈ ਉਹ ਅੱਗ ਜਿਸ ਨੂੰ ਤੁਸੀਂ ਝੁਠਲਾਇਆ ਕਰਦੇ ਸੀ।	هَٰذِهِ النَّارُ الَّتِي كُنتُم بِهَا تُكَذِّبُونَ ﴿١٤﴾
15. ਕੀ ਇਹ ਜਾਦੂ ਹੈ? ਜਾਂ ਤੁਸੀਂ ਵੇਖਦੇ ਹੀ ਨਹੀਂ?	أَفَسِحْرٌ هَٰذَا أَمْ أَنتُمْ لَا تُبْصِرُونَ ﴿١٥﴾
16 ਹੁਣ ਤੁਸੀਂ ਇਸ ਨਰਕ ਵਿਚ ਦਾਖ਼ਲ ਹੋ ਜਾਓ, ਹੁਣ ਭਾਵੇਂ ਤੁਸੀਂ ਸਬਰ ਕਰੋ ਜਾਂ ਨਾ ਕਰੋ, ਤੁਹਾਡੇ ਲਈ ਇੱਕ ਬਰਾਬਰ ਹੈ। ਤੁਹਾਨੂੰ ਉਸੇ ਦੀ ਸਜ਼ਾ ਦਿੱਤੀ ਜਾਵੇਗੀ ਜੋ ਤੁਸੀਂ ਕਰਦੇ ਸੀ।	اصْلَوْهَا فَاصْبِرُوا أَوْ لَا تَصْبِرُوا سَوَاءٌ عَلَيْكُمْ ۖ إِنَّمَا تُجْزَوْنَ مَا كُنتُمْ تَعْمَلُونَ ﴿١٦﴾
17. ਨਿਰਸੰਦੇਹ, ਮੁੱਤਕੀਨ (ਰੱਬ ਤੋਂ ਡਰਨ ਵਾਲੇ) ਬਾਗ਼ਾਂ ਅਤੇ ਨਿਆਮਤਾਂ ਵਿਚ ਹੋਣਗੇ	إِنَّ الْمُتَّقِينَ فِي جَنَّاتٍ وَنَعِيمٍ ﴿١٧﴾
18. ਉਹ ਉਹਨਾਂ ਚੀਜ਼ਾਂ ਦਾ ਆਨੰਦ ਮਾਣ ਰਹੇ ਹੋਣਗੇ ਜੋ ਉਹਨਾਂ ਦੇ ਰੱਬ ਨੇ ਉਹਨਾਂ ਨੂੰ ਦਿੱਤਾ ਹੈ। ਅਤੇ ਉਹਨਾਂ ਦੇ ਰੱਬ ਨੇ ਉਹਨਾਂ ਨੂੰ ਨਰਕ ਦੇ ਅਜ਼ਾਬ ਤੋਂ ਵੀ ਬਚਾ ਲਿਆ।	فَاكِهِينَ بِمَا آتَاهُمْ رَبُّهُمْ وَوَقَاهُمْ رَبُّهُمْ عَذَابَ الْجَحِيمِ ﴿١٨﴾
19. ਉਹਨਾਂ ਨੂੰ ਆਖਿਆ ਜਾਵੇਗਾ ਕਿ ਮੌਜ ਨਾਲ ਖਾਓ ਪੀਓ, ਆਪਣੇ ਉਹਨਾਂ ਅਮਲਾਂ ਦੇ ਬਦਲੇ, ਜੋ ਤੁਸੀਂ ਕਰਿਆ ਕਰਦੇ ਸੀ।	كُلُوا وَاشْرَبُوا هَنِيئًا بِمَا كُنتُمْ تَعْمَلُونَ ﴿١٩﴾

مُتَّكِـِٔينَ عَلَىٰ سُرُرٍ مَّصْفُوفَةٍ ۖ وَزَوَّجْنَاهُم بِحُورٍ عِينٍ ﴿٢٠﴾

20. ਜਦੋਂ ਕਿ ਉਹ ਆਹਮਣੇ ਸਾਹਮਣੇ ਤਖ਼ਤਾਂ ਉੱਤੇ ਗਾਵੇ ਲਾਈਂ ਬੈਠੇ ਹੋਣਗੇ ਤੇ ਅਸੀਂ ਉਹਨਾਂ ਨੂੰ ਸੁਨੱਖੀਆਂ ਹੂਰਾਂ ਨਾਲ ਵਿਆਹ ਦਿਆਂਗੇ।

وَالَّذِينَ آمَنُوا وَاتَّبَعَتْهُمْ ذُرِّيَّتُهُم بِإِيمَانٍ أَلْحَقْنَا بِهِمْ ذُرِّيَّتَهُمْ وَمَا أَلَتْنَاهُم مِّنْ عَمَلِهِم مِّن شَيْءٍ ۚ كُلُّ امْرِئٍ بِمَا كَسَبَ رَهِينٌ ﴿٢١﴾

21. ਜਿਹੜੇ ਲੋਕ ਈਮਾਨ ਲਿਆਏ ਅਤੇ ਉਹਨਾਂ ਦੀ ਔਲਾਦ ਨੇ ਵੀ ਈਮਾਨ ਨਾਲ ਉਹਨਾਂ ਦੀ ਪੈਰਵੀ ਕੀਤੀ ਤਾਂ ਅਸੀਂ ਉਹਨਾਂ ਦੀ ਔਲਾਦ ਨੂੰ (ਜੰਨਤ ਵਿਚ) ਉਹਨਾਂ ਨਾਲ ਮੇਲ ਕਰਾ ਦੇਵਾਂਗੇ। ਅਸੀਂ ਉਹਨਾਂ ਦੇ ਅਮਲਾਂ ਵਿੱਚੋਂ ਕੁੱਝ ਵੀ ਘੱਟ ਨਹੀਂ ਕਰਾਂਗੇ। ਹਰ ਵਿਅਕਤੀ ਆਪਣੀ ਕੀਤੀ ਹੋਈ ਕਮਾਈ ਦੇ ਬਦਲੇ ਗਹਿਣੇ ਪਿਆ ਹੋਇਆ ਹੈ।

وَأَمْدَدْنَاهُم بِفَاكِهَةٍ وَلَحْمٍ مِّمَّا يَشْتَهُونَ ﴿٢٢﴾

22. ਅਤੇ ਅਸੀਂ ਉਹਨਾਂ ਨੂੰ ਉਹਨਾਂ ਦੇ ਮਨਭਾਉਂਦੇ ਸੁਆਦਲੇ ਫਲ ਤੇ ਮਾਸ ਦਿਆਂਗੇ।

يَتَنَازَعُونَ فِيهَا كَأْسًا لَّا لَغْوٌ فِيهَا وَلَا تَأْثِيمٌ ﴿٢٣﴾

23. ਉੱਥੇ ਉਹ ਇਕ ਦੂਜੇ ਤੋਂ ਖੋਹ ਕੇ ਸ਼ਰਾਬ ਦੇ ਜਾਮ ਲੈ ਰਹੇ ਹੋਣਗੇ, ਜਿਸ ਨੂੰ ਪੀਣ ਨਾਲ ਨਾ ਕੋਈ ਘਟੀਆ ਗੱਲ ਹੋਵੇਗੀ ਤੇ ਨਾ ਹੀ ਕੋਈ ਗੁਨਾਹ ਦਾ ਕੰਮ ਹੋਵੇਗਾ।[1]

وَيَطُوفُ عَلَيْهِمْ غِلْمَانٌ لَّهُمْ كَأَنَّهُمْ لُؤْلُؤٌ مَّكْنُونٌ ﴿٢٤﴾

24. ਉਹਨਾਂ (ਦੀ ਸੇਵਾ) ਲਈ ਨਵੀਂ ਉਮਰ ਦੇ ਮੁੰਡੇ ਉਹਨਾਂ ਦੇ ਆਲੇ-ਦੁਆਲੇ ਨੱਸਦੇ ਫਿਰ ਰਹੇ ਹੋਣਗੇ, ਅਜਿਹੇ ਸੋਹਣੇ ਜਿਵੇਂ ਲੁਕਾ ਕੇ ਰੱਖੇ ਹੋਏ ਮੋਤੀ [illegible]

وَأَقْبَلَ بَعْضُهُمْ عَلَىٰ بَعْضٍ يَتَسَاءَلُونَ ﴿٢٥﴾

25. ਅਤੇ ਜੰਨਤੀ ਆਪੋ ਵਿਚ ਇਕ ਦੂਜੇ ਦਾ ਹਾਲ ਪੁੱਛਣਗੇ।

قَالُوا إِنَّا كُنَّا قَبْلُ فِي أَهْلِنَا مُشْفِقِينَ ﴿٢٦﴾

26. ਉਹ ਆਖਣਗੇ ਕਿ ਬੇਸ਼ੱਕ ਇਸ ਤੋਂ ਪਹਿਲਾਂ ਅਸੀਂ ਆਪਣੇ ਪਰਿਵਾਰ ਵਿਚ ਰਹਿੰਦੇ ਹੋਏ ਅੱਲਾਹ ਤੋਂ ਡਰਿਆ ਕਰਦੇ ਸੀ।

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 219/2

27. ਫੇਰ ਅੱਲਾਹ ਨੇ ਸਾਡੇ 'ਤੇ ਕ੍ਰਿਪਾ ਕੀਤੀ ਅਤੇ ਉਸ ਨੇ ਸਾਨੂੰ ਲੂਹ ਦੇਣ ਵਾਲੀ ਤੱਤੀ ਹਵਾ ਦੇ ਅਜ਼ਾਬ ਤੋਂ ਬਚਾ ਲਿਆ।

فَمَنَّ ٱللَّهُ عَلَيْنَا وَوَقَىٰنَا عَذَابَ ٱلسَّمُومِ ﴿٢٧﴾

28. ਬੇਸ਼ੱਕ ਅਸੀਂ ਪਹਿਲਾਂ ਹੀ ਤੋਂ ਉਸ (ਅੱਲਾਹ) ਨੂੰ ਪੁਕਾਰਿਆ ਕਰਦੇ ਸੀ। ਬੇਸ਼ੱਕ ਉਹੀਓ ਸੋਹਣਾ ਅਹਿਸਾਨ ਕਰਨ ਵਾਲਾ ਤੇ ਮਿਹਰਬਾਨ ਹੈ।

إِنَّا كُنَّا مِن قَبْلُ نَدْعُوهُ ۖ إِنَّهُۥ هُوَ
ٱلْبَرُّ ٱلرَّحِيمُ ﴿٢٨﴾

29. ਸੋ (ਹੇ ਨਬੀ!) ਤੁਸੀਂ ਨਸੀਹਤ ਕਰਦੇ ਰਹੋ ਤੁਹਾਡੇ ਉੱਤੇ ਰੱਬ ਦੀ ਕ੍ਰਿਪਾ ਹੈ ਕਿ ਨਾ ਤਾਂ ਤੁਸੀਂ ਪਾਂਧੇ ਹੋ ਤੇ ਨਾ ਹੀ ਸ਼ੁਦਾਈ।

فَذَكِّرْ فَمَآ أَنتَ بِنِعْمَتِ رَبِّكَ بِكَاهِنٍ
وَلَا مَجْنُونٍ ﴿٢٩﴾

30. ਕੀ ਉਹ ਕਾਫ਼ਿਰ ਆਖਦੇ ਹਨ ਕਿ ਇਹ (ਨਬੀ) ਕਵੀ ਹੈ ਅਤੇ ਅਸੀਂ ਇਸ ਲਈ ਕਾਲ ਚੱਕਰ (ਭਾਵ ਮੌਤ) ਦੀ ਉਡੀਕ ਕਰ ਰਹੇ ਹਾਂ?

أَمْ يَقُولُونَ شَاعِرٌ نَّتَرَبَّصُ بِهِۦ رَيْبَ ٱلْمَنُونِ ﴿٣٠﴾

31. (ਹੇ ਨਬੀ!) ਆਖ ਦਿਓ ਕਿ ਤੁਸੀਂ ਵੀ ਉਡੀਕ ਕਰੋ ਤੁਹਾਡੇ ਨਾਲ ਮੈਂ ਵੀ ਉਡੀਕਦਾ ਪਿਆ ਹਾਂ।

قُلْ تَرَبَّصُوا۟ فَإِنِّى مَعَكُم مِّنَ ٱلْمُتَرَبِّصِينَ ﴿٣١﴾

32. ਕੀ ਉਹਨਾਂ ਲੋਕਾਂ ਦੀਆਂ ਅਕਲਾਂ ਉਹਨਾਂ ਨੂੰ ਇਹੋ ਸਿਖਾਉਂਦੀਆਂ ਹਨ ਜਾਂ ਉਹ ਲੋਕ ਹੀ ਬਾਗ਼ੀ ਹਨ?

أَمْ تَأْمُرُهُمْ أَحْلَـٰمُهُم بِهَـٰذَآ ۚ أَمْ هُمْ قَوْمٌ
طَاغُونَ ﴿٣٢﴾

33. ਕੀ ਉਹ ਆਖਦੇ ਹਨ ਕਿ ਇਸ ਨੇ ਇਹ ਕੁਰਆਨ ਆਪੇ ਘੜ੍ਹ ਲਿਆ ਹੈ? ਅਸਲ ਗੱਲ ਤਾਂ ਇਹ ਹੈ ਕਿ ਇਹ ਈਮਾਨ ਨਹੀਂ ਲਿਆਉਂਦੇ।

أَمْ يَقُولُونَ تَقَوَّلَهُۥ ۚ بَل لَّا يُؤْمِنُونَ ﴿٣٣﴾

34. ਜੇ ਉਹ (ਆਪਣੀ ਗੱਲਣੀ ਵਿਚ) ਸੱਚੇ ਹਨ ਤਾਂ ਉਹਨਾਂ ਨੂੰ ਚਾਹੀਦਾ ਹੈ ਕਿ ਇਸ (ਕੁਰਆਨ) ਜਿਹੀ ਇਕ ਬਾਣੀ ਦੀ ਰਚਨਾ ਕਰ ਲਿਆਉਣ।

فَلْيَأْتُوا۟ بِحَدِيثٍ مِّثْلِهِۦٓ إِن كَانُوا۟ صَـٰدِقِينَ ﴿٣٤﴾

35. ਕੀ ਇਹ ਲੋਕ ਬਿਨਾਂ ਕਿਸੇ ਰਚਨਹਾਰ ਤੋਂ ਪੈਦਾ ਹੋਏ ਹਨ ਜਾਂ ਉਹ ਆਪ ਹੀ ਆਪਣੇ ਰਚਨਹਾਰ ਹਨ।

أَمْ خُلِقُوا۟ مِنْ غَيْرِ شَىْءٍ أَمْ هُمُ ٱلْخَـٰلِقُونَ ﴿٣٥﴾

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 105/2

36. ਕੀ ਅਕਾਸ਼ ਤੇ ਧਰਤੀ ਦੀ ਰਚਨਾ ਉਹਨਾਂ ਨੇ ਕੀਤੀ ਹੈ? ਸੱਚ ਤਾਂ ਇਹ ਹੈ ਕਿ ਇਹ ਇਹਨਾਂ ਗੱਲਾਂ 'ਤੇ ਵਿਸ਼ਵਾਸ ਨਹੀਂ ਰੱਖਦੇ।

أَمْ خَلَقُوا السَّمَاوَاتِ وَالْأَرْضَ ۚ بَل لَّا يُوقِنُونَ (36)

37. ਕੀ ਇਹਨਾਂ ਦੇ ਕਬਜ਼ੇ ਵਿਚ ਤੁਹਾਡੇ ਰੱਬ ਦੇ ਖ਼ਜ਼ਾਨੇ ਹਨ? ਜਾਂ ਇਹ (ਖ਼ਜ਼ਾਨਿਆਂ ਦੇ) ਦਰੋਗ਼ੇ ਹਨ?

أَمْ عِندَهُمْ خَزَائِنُ رَبِّكَ أَمْ هُمُ الْمُصَيْطِرُونَ (37)

38. ਕੀ ਇਹਨਾਂ ਕੋਲ ਕੋਈ ਪੌੜੀ ਹੈ ਜਿਸ 'ਤੇ ਚੜ੍ਹ ਕੇ (ਅਕਾਸ਼ ਦੀਆਂ ਗੱਲਾਂ) ਸੁਣ ਲੈਂਦੇ ਹਨ? ਇਹਨਾਂ ਗੱਲਾਂ ਨੂੰ ਸੁਣਨ ਵਾਲੇ ਨੂੰ ਚਾਹੀਦਾ ਹੈ ਕਿ ਉਹ (ਗੱਲ ਸੁਣਨ ਦੀ) ਕੋਈ ਸਪਸ਼ਟ ਦਲੀਲ ਤਾਂ ਲੈ ਕੇ ਆਵੇ।

أَمْ لَهُمْ سُلَّمٌ يَسْتَمِعُونَ فِيهِ ۖ فَلْيَأْتِ مُسْتَمِعُهُم بِسُلْطَانٍ مُّبِينٍ (38)

39. ਕੀ ਉਸ (ਅੱਲਾਹ) ਲਈ ਤਾਂ ਕੇਵਲ ਧੀਆਂ ਹਨ ਤੇ ਤੁਹਾਡੇ ਲਈ ਪੁੱਤਰ ਹਨ।

أَمْ لَهُ الْبَنَاتُ وَلَكُمُ الْبَنُونَ (39)

40. ਕੀ ਤੁਸੀਂ (ਹੇ ਨਬੀ!) ਇਹਨਾਂ ਤੋਂ (ਧਰਮ ਪ੍ਰਚਾਰ ਦਾ) ਕੋਈ ਬਦਲਾ ਮੰਗਦੇ ਹੋ ਕਿ ਇਹ ਉਸ ਦੇ ਕਰਜ਼ ਹੇਠ ਦੱਬੇ ਜਾਂਦੇ ਹਨ।

أَمْ تَسْأَلُهُمْ أَجْرًا فَهُم مِّن مَّغْرَمٍ مُّثْقَلُونَ (40)

41. ਕੀ ਇਹਨਾਂ ਕੋਲ ਪਰੋਖ (ਦਾ ਗਿਆਨ) ਹੈ ਜਿਸ ਦੇ ਆਧਾਰ 'ਤੇ ਇਹ ਲਿਖਦੇ ਹਨ।

أَمْ عِندَهُمُ الْغَيْبُ فَهُمْ يَكْتُبُونَ (41)

42. ਕੀ ਇਹ ਕੋਈ ਧੋਖਾ ਦੇਣਾ ਚਾਹੁੰਦੇ ਹਨ? ਸੋ ਜਿਨ੍ਹਾਂ ਲੋਕਾਂ ਨੇ ਇਨਕਾਰ ਕੀਤਾ ਹੈ, ਧੋਖਾ ਤਾਂ ਇਹ ਖਾਈਂ ਫਿਰਦੇ ਹਨ।

أَمْ يُرِيدُونَ كَيْدًا ۖ فَالَّذِينَ كَفَرُوا هُمُ الْمَكِيدُونَ (42)

43. ਕੀ ਇਹਨਾਂ ਲਈ ਅੱਲਾਹ ਤੋਂ ਛੁੱਟ ਕੋਈ ਹੋਰ ਇਸ਼ਟ ਹੈ? ਅੱਲਾਹ ਪਾਕ ਹੈ ਉਸ ਸ਼ਿਰਕ ਤੋਂ, ਜੋ ਇਹ ਲੋਕ ਕਰ ਰਹੇ ਹਨ।

أَمْ لَهُمْ إِلَٰهٌ غَيْرُ اللَّهِ ۚ سُبْحَانَ اللَّهِ عَمَّا يُشْرِكُونَ (43)

44. (ਇਹਨਾਂ ਦਾ ਹਾਲ ਇਹ ਹੈ ਕਿ) ਜੇ ਇਹ ਅਕਾਸ਼ ਤੋਂ ਡਿਗਦਾ ਹੋਇਆ ਕੋਈ ਟੋਟਾ ਵੀ ਵੇਖ ਲੈਣ ਫੇਰ ਵੀ ਆਖਣਗੇ ਕਿ ਇਹ ਤਾਂ ਉੱਪਰ ਥੱਲੇ ਬੱਦਲ ਹਨ।

وَإِن يَرَوْا كِسْفًا مِّنَ السَّمَاءِ سَاقِطًا يَقُولُوا سَحَابٌ مَّرْكُومٌ (44)

45. (ਹੇ ਨਬੀ!) ਤੂੰ ਉਹਨਾਂ ਨੂੰ ਉਹਨਾਂ ਦੇ ਹਾਲ 'ਤੇ ਛੱਡ ਦੇ, ਇੱਥੋਂ ਤਕ ਕਿ ਉਹਨਾਂ ਦਾ ਵਾਸਤਾ ਉਸ ਦਿਨ ਨਾਲ ਪੈ ਜਾਵੇ ਜਿਸ ਦਿਨ ਉਹ ਸਾਰੇ ਬੇਹੋਸ਼ ਹੋ ਜਾਣਗੇ।

فَذَرْهُمْ حَتَّىٰ يُلَاقُوا يَوْمَهُمُ الَّذِي فِيهِ يُصْعَقُونَ ﴿٤٥﴾

46. ਜਿਸ ਦਿਨ ਉਹਨਾਂ ਨੂੰ ਉਹਨਾਂ ਦੀਆਂ ਚਾਲਾਂ ਕੁੱਝ ਵੀ ਲਾਭ ਨਹੀਂ ਦੇਣਗੀਆਂ ਅਤੇ ਨਾ ਹੀ ਉਹਨਾਂ ਦੀ (ਕਿਸੇ ਪਾਸਿਓਂ ਵੀ) ਸਹਾਇਤਾ ਕੀਤੀ ਜਾਵੇਗੀ।

يَوْمَ لَا يُغْنِي عَنْهُمْ كَيْدُهُمْ شَيْئًا وَلَا هُمْ يُنْصَرُونَ ﴿٤٦﴾

47. ਬੇਸ਼ੱਕ ਜ਼ਾਲਮਾਂ ਲਈ ਪਰਲੋਕ ਦੇ (ਅਜ਼ਾਬ) ਤੋਂ ਪਹਿਲਾਂ (ਸੰਸਾਰ ਵਿਚ) ਵੀ ਇਕ ਅਜ਼ਾਬ ਹੈ।[1] ਪ੍ਰੰਤੂ ਇਹਨਾਂ ਲੋਕਾਂ ਵਿੱਚੋਂ ਵਧੇਰੇ ਜਾਣਦੇ ਹੀ ਨਹੀਂ।

وَإِنَّ لِلَّذِينَ ظَلَمُوا عَذَابًا دُونَ ذَٰلِكَ وَلَٰكِنَّ أَكْثَرَهُمْ لَا يَعْلَمُونَ ﴿٤٧﴾

48. ਹੇ ਨਬੀ! ਤੁਸੀਂ ਆਪਣੇ ਰੱਬ ਦਾ ਹੁਕਮ ਆਉਣ ਤਕ ਸਬਰ ਕਰੋ। ਬੇਸ਼ੱਕ ਤੁਸੀਂ ਸਾਡੀਆਂ ਅੱਖਾਂ ਦੇ ਸਾਹਮਣੇ ਹੋ (ਭਾਵ ਮੈਂ ਤੁਹਾਨੂੰ ਹਰ ਪਲ ਵੇਖ ਰਿਹਾ ਹਾਂ)। ਜਦੋਂ ਸਵੇਰੇ ਉੱਠੋ ਤਾਂ ਆਪਣੇ ਰੱਬ ਦੀ ਪਾਕੀ ਅਤੇ ਉਸ ਦੀ ਪ੍ਰਸ਼ੰਸਾ ਬਿਆਨ ਕਰੋ।

وَاصْبِرْ لِحُكْمِ رَبِّكَ فَإِنَّكَ بِأَعْيُنِنَا ۖ وَسَبِّحْ بِحَمْدِ رَبِّكَ حِينَ تَقُومُ ﴿٤٨﴾

49. ਅਤੇ ਰਾਤ ਦੇ ਕੁੱਝ ਭਾਗ ਵਿਚ ਵੀ ਅਤੇ ਤਾਰੇ ਡੁੱਬਣ ਤੋਂ ਮਗਰੋਂ ਵੀ ਤੁਸੀਂ ਉਸੇ ਰੱਬ ਦੀ ਤਸਬੀਹ (ਭਾਵ ਹਰ ਵੇਲੇ ਪ੍ਰਸ਼ੰਸਾ ਤੇ ਗੁਣਗਾਣ) ਕਰਿਆ ਕਰੋ।

وَمِنَ اللَّيْلِ فَسَبِّحْهُ وَإِدْبَارَ النُّجُومِ ﴿٤٩﴾

53. ਸੂਰਤ ਅਨ-ਨਜਮ (ਮੱਕੀ-23)

سُورَةُ النَّجْمِ

(ਆਇਤਾਂ 62, ਰੁਕੂਅ 3)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਸਹੁੰ ਹੈ ਤਾਰੇ ਦੀ ਜਦੋਂ ਉਹ ਡਿਗਦਾ ਹੈ।

وَالنَّجْمِ إِذَا هَوَىٰ ﴿١﴾

[1] ਵੇਖੋ ਸੂਰਤ ਅਲ-ਅਨਆਮ, ਹਾਸ਼ੀਆ ਆਇਤ 93/6

2. ਤੁਹਾਡਾ ਸਾਥੀ ਨਾ ਤਾਂ ਬਹਿਕਿਆ ਹੋਇਆ ਹੈ ਅਤੇ ਨਾ ਹੀ ਰਾਹੋਂ ਭਟਕਿਆ ਹੋਇਆ ਹੈ।

مَا ضَلَّ صَاحِبُكُمْ وَمَا غَوَىٰ (2)

3. ਉਹ ਆਪਣੀ ਇੱਛਾ ਨਾਲ ਨਹੀਂ ਬੋਲਦਾ।

وَمَا يَنطِقُ عَنِ الْهَوَىٰ (3)

4. ਉਹ ਤਾਂ ਇਕ ਵਹੀ (ਰੱਬੀ ਬਾਣੀ) ਹੈ ਜਿਹੜੀ ਉਸ ਵੱਲ ਭੇਜੀ ਜਾਂਦੀ ਹੈ।

إِنْ هُوَ إِلَّا وَحْيٌ يُوحَىٰ (4)

5. ਉਸ ਨੂੰ ਇਹ ਸਭ ਸ਼ਕਤੀਸ਼ਾਲੀ (ਜਿਬਰਾਈਲ) ਨੇ ਸਿਖਾਇਆ ਹੈ।

عَلَّمَهُ شَدِيدُ الْقُوَىٰ (5)

6. ਜਿਹੜਾ ਵੱਡਾ ਜ਼ੋਰਾਵਰ ਹੈ। ਸੋ ਉਹ ਆਪਣੇ ਅਸਲੀ ਰੂਪ ਵਿਚ ਸਿੱਧਾ ਆ ਖਲੋਇਆ।

ذُو مِرَّةٍ فَاسْتَوَىٰ (6)

7. ਜਦੋਂ ਉਹ (ਜਿਬਰਾਈਲ) ਅਕਾਸ਼ ਦੇ ਉਚਲੇ ਦਿਸਹੱਦੇ 'ਤੇ ਸੀ।

وَهُوَ بِالْأُفُقِ الْأَعْلَىٰ (7)

8. ਫੇਰ ਉਹ ਨੇੜੇ ਆਇਆ ਤੇ ਉਤਾਂਹ ਅਧਿਕ ਹੇਠਾਂ ਝੁਕ ਗਿਆ।

ثُمَّ دَنَا فَتَدَلَّىٰ (8)

9. ਫੇਰ (ਮੁਹੰਮਦ ਤੇ ਜਿਬਰਾਈਲ ਵਿਚਾਲੇ) ਦੋ ਕਮਾਨਾਂ (ਧਨੁਖਾਂ) ਜਿੰਨ੍ਹਾ ਦੂਰ, ਸਗੋਂ ਉਸ ਤੋਂ ਵੀ ਵੱਧ ਨੇੜੇ ਹੋ ਗਿਆ।

فَكَانَ قَابَ قَوْسَيْنِ أَوْ أَدْنَىٰ (9)

10. ਫੇਰ ਉਸ (ਜਿਬਰਾਈਲ) ਨੇ ਅੱਲਾਹ ਦੇ ਬੰਦੇ (ਹਜ਼ਰਤ ਮੁਹੰਮਦ) ਨੂੰ ਉਹ ਵਹੀ ਪੁਚਾਈ ਜੋ ਵਹੀ ਉਸ ਨੂੰ (ਰੱਬ ਵੱਲੋਂ) ਪੁਚਾਈ ਜਾਣੀ ਸੀ।

فَأَوْحَىٰ إِلَىٰ عَبْدِهِ مَا أَوْحَىٰ (10)

11. ਉਸ (ਰਸੂਲ) ਨੇ ਜੋ ਕੁੱਝ ਵੀ (ਮਿਅਰਾਜ ਵੇਲੇ) ਵੇਖਿਆ ਉਸ ਦੇ ਦਿਲ ਨੇ (ਉਸ ਸੰਬੰਧ ਵਿਚ) ਝੂਠ ਨਹੀਂ ਬੋਲਿਆ।

مَا كَذَبَ الْفُؤَادُ مَا رَأَىٰ (11)

12. ਕੀ ਤੁਸੀਂ ਲੋਕ ਉਸ ਚੀਜ਼ 'ਤੇ ਉਸ (ਨਬੀ) ਨਾਲ ਝਗੜਦੇ ਹੋ ਜੋ ਉਹ (ਅੱਖੀਂ) ਵੇਖਦਾ ਹੈ?

أَفَتُمَارُونَهُ عَلَىٰ مَا يَرَىٰ (12)

---

[1] ਇਸ ਤੋਂ ਭਾਵ ਮਿਅਰਾਜ ਹੈ। ਭਾਵ ਅੱਲਾਹ ਦੇ ਰਸੂਲ ਆਪਣੇ ਸਰੀਰ ਦੇ ਨਾਲ ਸੱਤਾਂ ਅਕਾਸ਼ਾਂ ਦੇ ਸਫ਼ਰ ਤੇ ਗਏ। ਵਿਸਥਾਰਪੂਰਵਕ ਵੇਰਵਾ ਲਈ ਵੇਖੋ ਸਹੀ ਬੁਖ਼ਾਰੀ, ਹਦੀਸ: 3207।

13. ਉਸ ਰਸੂਲ ਨੇ ਇਸ (ਜਿਬਰਾਈਲ) ਨੂੰ ਇਕ ਵਾਰ ਹੋਰ ਵੀ ਵੇਖਿਆ।

وَلَقَدْ رَآهُ نَزْلَةً أُخْرَىٰ ﴿١٣﴾

14. ਸਿਦਰਾਤੁਲ-ਮੁਨਤਹਾ (ਭੌਤਿਕ ਸੰਸਾਰ ਦੀ ਆਖ਼ਰੀ ਸਰਹਦ ਉੱਤੇ ਸਥਿਤ ਬੇਰੀ ਦਾ ਰੁੱਖ) ਦੇ ਨੇੜੇ (ਵੇਖਿਆ)।

عِندَ سِدْرَةِ الْمُنتَهَىٰ ﴿١٤﴾

15. ਉਸ ਦੇ ਲਾਗੇ ਹੀ ਜੰਨਤੁਲ-ਮਾਵਾ (ਰਹਿਣ ਵਾਲੀ ਜੰਨਤ) ਹੈ।

عِندَهَا جَنَّةُ الْمَأْوَىٰ ﴿١٥﴾

16. ਉਸ ਵੇਲੇ ਸਿਦਰਾ (ਭਾਵ ਜੰਨਤੀ ਬੇਰੀ) ਉੱਤੇ (ਅੱਲਾਹ ਦੀ ਕੁਦਰਤ) ਛਾ ਰਿਹਾ ਸੀ ਜੋ ਕੁੱਝ ਵੀ ਉਸ ਉੱਤੇ ਛਾਉਣਾ ਸੀ।

إِذْ يَغْشَى السِّدْرَةَ مَا يَغْشَىٰ ﴿١٦﴾

17. ਨਾ ਤਾਂ ਉਸ ਦੀ ਨਜ਼ਰ ਭਟਕੀ ਹੈ ਤੇ ਨਾ ਹੀ ਹੱਦੋਂ ਟੱਪੀ ਹੋਈ।

مَا زَاغَ الْبَصَرُ وَمَا طَغَىٰ ﴿١٧﴾

18. ਉਸ (ਰਸੂਲ) ਨੇ ਆਪਣੇ ਰੱਬ ਦੀਆਂ ਕੁੱਝ ਵੱਡੀਆਂ-ਵੱਡੀਆਂ ਨਿਸ਼ਾਨੀਆਂ ਵੇਖੀਆਂ।

لَقَدْ رَأَىٰ مِنْ آيَاتِ رَبِّهِ الْكُبْرَىٰ ﴿١٨﴾

19. ਤੁਸੀਂ ਮੈਨੂੰ 'ਲਾਤ' ਤੇ 'ਉੱਜ਼ਾ' ਦੀ ਖ਼ਬਰ ਦਿਓ।

أَفَرَأَيْتُمُ اللَّاتَ وَالْعُزَّىٰ ﴿١٩﴾

20. ਅਤੇ ਤੀਜੀ (ਦੇਵੀ) 'ਮਨਾਤ' ਦੀ, ਜਿਸ ਦੀ ਅਸਲੀਅਤ ਬਹੁਤ ਹੀ ਘਟੀਆ ਹੈ।

وَمَنَاةَ الثَّالِثَةَ الْأُخْرَىٰ ﴿٢٠﴾

21. ਕੀ ਤੁਹਾਡੇ ਲਈ ਪੁੱਤਰ ਹਨ ਤੇ ਅੱਲਾਹ ਲਈ ਧੀਆਂ?

أَلَكُمُ الذَّكَرُ وَلَهُ الْأُنثَىٰ ﴿٢١﴾

22. ਇਹ ਤਾਂ ਵੱਡੀ ਹੀ ਬੇਇਨਸਾਫ਼ੀ ਵਾਲੀ (ਭਾਵ ਕਾਣੀ) ਵੰਡ ਹੈ।

تِلْكَ إِذًا قِسْمَةٌ ضِيزَىٰ ﴿٢٢﴾

23. ਇਹ ਤਾਂ ਕੇਵਲ ਨਾਂ ਹੀ ਨਾਂ ਹਨ ਜਿਹੜੇ ਤੁਹਾਨੇ ਤੇ ਤੁਹਾਡੇ ਬਾਪ-ਦਾਦਿਆਂ ਨੇ ਰੱਖ ਛੱਡੇ ਹਨ। ਜਦ ਕਿ ਅੱਲਾਹ ਨੇ ਇਹਨਾਂ (ਦੇਵੀ ਦੇਵਤਿਆਂ) ਲਈ ਕੋਈ ਮਾਨਤਾ ਪੱਤਰ ਨਹੀਂ ਘੱਲਿਆ। ਉਹ ਲੋਕ ਤਾਂ ਅਟਕਲ ਦੇ ਪਿੱਛੇ ਤੁਰੇ ਜਾ ਰਹੇ ਹਨ ਅਤੇ ਉਸ

إِنْ هِيَ إِلَّا أَسْمَاءٌ سَمَّيْتُمُوهَا أَنتُمْ وَآبَاؤُكُم
مَّا أَنزَلَ اللَّهُ بِهَا مِن سُلْطَانٍ ۚ إِن يَتَّبِعُونَ إِلَّا
الظَّنَّ وَمَا تَهْوَى الْأَنفُسُ ۖ وَلَقَدْ جَاءَهُم مِّن
رَّبِّهِمُ الْهُدَىٰ ﴿٢٣﴾

ਦੀ ਚੀਜ਼ ਦੀ ਪੈਰਵੀ ਕਰ ਰਹੇ ਹਨ ਜੋ ਉਹਨਾਂ ਦਾ ਮਨ ਚਾਹੁੰਦਾ ਹੈ। ਜਦ ਕਿ ਉਹਨਾਂ ਦੇ ਰੱਬ ਵੱਲੋਂ ਉਹਨਾਂ ਕੋਲ ਹਿਦਾਇਤ ਆ ਚੁੱਕੀ ਹੈ।

أَمْ لِلْإِنسَانِ مَا تَمَنَّىٰ 24

24. ਕੀ ਮਨੁੱਖ ਜੋ ਵੀ ਇੱਛਾ ਕਰੇ, ਉਹ ਚੀਜ਼ ਉਸ ਨੂੰ ਮਿਲਣੀ ਚਾਹੀਦੀ ਹੈ?

فَلِلَّهِ الْآخِرَةُ وَالْأُولَىٰ 25

25. ਅੱਲਾਹ ਹੀ ਲੋਕ ਤੇ ਪਰਲੋਕ ਦਾ ਮਾਲਿਕ ਹੈ।

وَكَم مِّن مَّلَكٍ فِي السَّمَاوَاتِ لَا تُغْنِي شَفَاعَتُهُمْ
شَيْئًا إِلَّا مِن بَعْدِ أَن يَأْذَنَ اللَّهُ لِمَن يَشَاءُ
وَيَرْضَىٰ 26

26. ਅਕਾਸ਼ਾਂ ਵਿਚ ਕਿੰਨੇ ਹੀ ਫ਼ਰਿਸ਼ਤੇ ਹਨ ਜਿਨ੍ਹਾਂ ਦੀ ਸਿਫ਼ਾਰਸ਼ ਕੁੱਝ ਵੀ ਕੰਮ ਨਹੀਂ ਆਵੇਗੀ। ਪਰ ਹਾਂ ਜਿਸ ਵਿਅਕਤੀ ਲਈ ਅੱਲਾਹ (ਸਿਫ਼ਾਰਸ਼ ਕਰਨ ਦੀ) ਆਗਿਆ ਦੇ ਦੇਵੇ ਅਤੇ ਪਸੰਦ ਕਰੇ (ਫੇਰ ਸਿਫ਼ਾਰਸ਼ ਹੋ ਸਕਦੀ ਹੈ)।

إِنَّ الَّذِينَ لَا يُؤْمِنُونَ بِالْآخِرَةِ لَيُسَمُّونَ
الْمَلَائِكَةَ تَسْمِيَةَ الْأُنثَىٰ 27

27. ਜਿਹੜੇ ਲੋਕੀ ਪਰਲੋਕ ਨੂੰ ਨਹੀਂ ਮੰਨਦੇ ਉਹ ਫ਼ਰਿਸ਼ਤਿਆਂ ਦੇ ਨਾਂ ਇਸਤਰੀਆਂ ਜਿਹੇ ਰੱਖਦੇ ਹਨ।

وَمَا لَهُم بِهِ مِنْ عِلْمٍ ۖ إِن يَتَّبِعُونَ إِلَّا الظَّنَّ ۖ
وَإِنَّ الظَّنَّ لَا يُغْنِي مِنَ الْحَقِّ شَيْئًا 28

28. ਜਦ ਕਿ ਉਹਨਾਂ ਨੂੰ ਇਸ ਦਾ ਕੁੱਝ ਵੀ ਗਿਆਨ ਨਹੀਂ, ਉਹ ਤਾਂ ਕੇਵਲ ਅਟਕਲ ਦੇ ਪਿੱਛੇ ਲੱਗੇ ਹੋਏ ਹਨ, ਜਦ ਕਿ ਅਟਕਲ ਹੱਕ ਸੱਚ ਦੇ ਮੁਕਾਬਲੇ ਵਿਚ ਕੁੱਝ ਵੀ ਲਾਭਦਾਇਕ ਨਹੀਂ।

فَأَعْرِضْ عَن مَّن تَوَلَّىٰ عَن ذِكْرِنَا وَلَمْ يُرِدْ
إِلَّا الْحَيَاةَ الدُّنْيَا 29

29. ਸੋ ਹੇ ਨਬੀ, ਤੁਸੀਂ ਵੀ ਉਸ ਵਿਅਕਤੀ ਤੋਂ ਮੂੰਹ ਮੋੜ ਲਵੋ (ਭਾਵ ਚਿੰਤਾ ਨਾ ਕਰੋ) ਜਿਹੜਾ ਸਾਡੇ ਜ਼ਿਕਰ (ਯਾਦ) ਤੋਂ ਮੂੰਹ ਮੋੜਦਾ ਹੈ ਅਤੇ ਕੇਵਲ ਸੰਸਾਰਿਕ ਜੀਵਨ ਹੀ ਚਾਹੁੰਦਾ ਹੈ।

ذَٰلِكَ مَبْلَغُهُم مِّنَ الْعِلْمِ ۚ إِنَّ رَبَّكَ هُوَ أَعْلَمُ بِمَن
ضَلَّ عَن سَبِيلِهِ وَهُوَ أَعْلَمُ بِمَنِ اهْتَدَىٰ 30

30. ਉਹਨਾਂ ਦੇ ਗਿਆਨ ਦੀ ਪਹੁੰਚ ਇਹੋ ਹੈ। ਬੇਸ਼ੱਕ ਤੁਹਾਡਾ ਰੱਬ ਉਸ ਵਿਅਕਤੀ ਨੂੰ ਚੰਗੀ ਤਰ੍ਹਾਂ ਜਾਣਦਾ ਹੈ ਜਿਹੜਾ ਉਸ ਦੇ ਰਾਹ ਤੋਂ ਭਟਕ ਗਿਆ ਅਤੇ ਉਹੀਓ ਉਸ ਵਿਅਕਤੀ ਨੂੰ ਵੀ ਜਾਣਦਾ ਹੈ ਜਿਹੜਾ ਸਿੱਧੇ ਰਾਹ 'ਤੇ ਹੈ।

31. ਅਕਾਸ਼ਾਂ ਤੇ ਧਰਤੀ ਵਿਚ ਜੋ ਕੁੱਝ ਵੀ ਹੈ ਅੱਲਾਹ ਹੀ ਉਹਨਾਂ ਸਭ ਦਾ ਮਾਲਿਕ ਹੈ, ਸੋ ਉਹ ਉਹਨਾਂ ਲੋਕਾਂ ਨੂੰ ਜਿਨ੍ਹਾਂ ਨੇ (ਸੰਸਾਰ ਵਿਚ) ਬੁਰਾਈਆਂ ਕੀਤੀਆਂ ਹਨ ਉਹਨਾਂ ਦੀਆਂ ਕਰਣੀਆਂ ਦੀ ਸਜ਼ਾ ਦੇਵੇ ਅਤੇ ਜਿਨ੍ਹਾਂ ਨੇ ਨੇਕੀਆਂ ਕੀਤੀਆਂ ਹਨ ਉਹਨਾਂ ਨੂੰ ਵਧੀਆ ਬਦਲਾ ਦੇਵੇ।

وَلِلَّهِ مَا فِي السَّمَاوَاتِ وَمَا فِي الْأَرْضِ لِيَجْزِيَ الَّذِينَ أَسَاءُوا بِمَا عَمِلُوا وَيَجْزِيَ الَّذِينَ أَحْسَنُوا بِالْحُسْنَى 31

32. ਉਹ ਲੋਕ ਜਿਹੜੇ ਮਹਾਂ ਪਾਪਾਂ ਤੋਂ ਤੇ ਅਸ਼ਲੀਲਤਾ ਤੋਂ ਬਚਦੇ ਹਨ ਛੁੱਟ ਇਸ ਤੋਂ ਕਿ ਕੋਈ ਛੋਟਾ ਮੋਟਾ ਗੁਨਾਹ ਹੋ ਜਾਵੇ, ਬੇਸ਼ੱਕ (ਉਹਨਾਂ ਲੋਕਾਂ ਲਈ) ਤੁਹਾਡੇ ਰੱਬ ਦੀ ਬਖ਼ਸ਼ਿਸ਼ ਅਤਿ ਵਿਸ਼ਾਲ ਹੈ। ਉਹ ਤੁਹਾਨੂੰ ਉਸ ਸਮੇਂ ਤੋਂ ਜਾਣਦਾ ਹੈ ਜਦੋਂ ਉਸ ਨੇ ਤੁਹਾਨੂੰ ਧਰਤੀਓਂ (ਭਾਵ ਮਿੱਟੀ ਤੋਂ) ਪੈਦਾ ਕੀਤਾ ਸੀ। ਜਦੋਂ ਤੁਸੀਂ ਆਪਣੀਆਂ ਮਾਵਾਂ ਦੇ ਗਰਭ ਵਿਚ ਭਰੂਣ ਅਵਸਥਾ ਵਿਚ ਹੀ ਸੀ। ਸੋ ਇਸ ਲਈ ਤੁਸੀਂ ਆਪਣੀ ਪਾਕੀ ਬਿਆਨ ਨਾ ਕਰੋ। ਉਹ ਚੰਗੀ ਤਰ੍ਹਾਂ ਜਾਣਦਾ ਹੈ ਕਿ ਰੱਬ ਦਾ ਡਰ-ਭੌ ਰੱਖਣ ਵਾਲਾ ਕੌਣ ਹੈ।

الَّذِينَ يَجْتَنِبُونَ كَبَائِرَ الْإِثْمِ وَالْفَوَاحِشَ إِلَّا اللَّمَمَ ۚ إِنَّ رَبَّكَ وَاسِعُ الْمَغْفِرَةِ ۚ هُوَ أَعْلَمُ بِكُمْ إِذْ أَنْشَأَكُمْ مِنَ الْأَرْضِ وَإِذْ أَنْتُمْ أَجِنَّةٌ فِي بُطُونِ أُمَّهَاتِكُمْ ۖ فَلَا تُزَكُّوا أَنْفُسَكُمْ ۖ هُوَ أَعْلَمُ بِمَنِ اتَّقَىٰ 32

33 ਕੀ ਤੁਸੀਂ ਉਸ ਵਿਅਕਤੀ ਨੂੰ ਵੇਖਿਆ ਹੈ ਜਿਸ ਨੇ ਹੱਕ ਤੋਂ ਮੂੰਹ ਮੋੜਿਆ ਹੈ?

أَفَرَأَيْتَ الَّذِي تَوَلَّىٰ 33

34 ਉਸ ਨੇ ਬਹੁਤ ਹੀ ਥੋੜ੍ਹਾ ਮਾਲ (ਰੱਬ ਦੀ ਰਾਹ ਵਿਚ) ਦਿੱਤਾ, ਫੇਰ ਉਹ ਵੀ (ਦੇਣਾ) ਬੰਦ ਕਰ ਦਿੱਤਾ।

وَأَعْطَىٰ قَلِيلًا وَأَكْدَىٰ 34

35 ਕੀ ਉਸ ਵਿਅਕਤੀ ਕੋਲ ਗ਼ੈਬ (ਪਰੋਖ) ਦੀ ਜਾਣਕਾਰੀ ਹੈ ਕਿ ਉਹ (ਸਭ ਕੁੱਝ) ਵੇਖ ਰਿਹਾ ਹੈ?

أَعِنْدَهُ عِلْمُ الْغَيْبِ فَهُوَ يَرَىٰ 35

36 ਕੀ ਉਸ ਨੂੰ ਉਹਨਾਂ ਗੱਲਾਂ ਦੀ ਜਾਣਕਾਰੀ ਨਹੀਂ ਦਿੱਤੀ ਗਈ ਜਿਹੜੀ ਮੂਸਾ ਦੇ ਸਹੀਫ਼ਿਆਂ (ਪੋਥੀਆਂ) ਵਿਚ ਹੈ?

أَمْ لَمْ يُنَبَّأْ بِمَا فِي صُحُفِ مُوسَىٰ 36

37. ਅਤੇ ਜੋ ਇਬਰਾਹੀਮ ਦੇ ਸਹੀਫ਼ਿਆਂ (ਪੋਥੀਆਂ) ਵਿਚ ਹੈ, ਜਿਹੜਾ (ਰੱਬ ਦਾ) ਵਫ਼ਾਦਾਰ ਸੀ?	وَإِبْرَاهِيمَ الَّذِي وَفَّىٰ (37)
38. ਕਿ ਕੋਈ ਭਾਰ ਚੁੱਕਣ ਵਾਲਾ ਕਿਸੇ ਦੂਜੇ ਦਾ ਭਾਰ ਨਹੀਂ ਚੁੱਕੇਗਾ।	أَلَّا تَزِرُ وَازِرَةٌ وِزْرَ أُخْرَىٰ (38)
39. ਕਿ ਮਨੁੱਖ ਲਈ ਬਸ ਉਹੀਓ ਹੈ ਜਿਸ ਲਈ ਉਹ ਕੋਸ਼ਿਸ਼ਾਂ ਕਰਦਾ ਹੈ।[1]	وَأَن لَّيْسَ لِلْإِنسَانِ إِلَّا مَا سَعَىٰ (39)
40. ਅਤੇ ਉਸ ਦੀਆਂ ਕੋਸ਼ਿਸ਼ਾਂ ਛੇਤੀ ਹੀ ਵੇਖੀਆਂ ਜਾਣਗੀਆਂ।	وَأَنَّ سَعْيَهُ سَوْفَ يُرَىٰ (40)
41. ਫੇਰ ਉਸ ਨੂੰ (ਕੋਸ਼ਿਸ਼ਾਂ ਦਾ) ਪੂਰਾ-ਪੂਰਾ ਬਦਲਾ ਦਿੱਤਾ ਜਾਵੇਗਾ।	ثُمَّ يُجْزَاهُ الْجَزَاءَ الْأَوْفَىٰ (41)
42. (ਹੇ ਨਬੀ!) ਬੇਸ਼ੱਕ ਸਾਰਿਆਂ ਨੇ ਤੁਹਾਡੇ ਰੱਬ ਕੋਲ ਹੀ ਪਹੁੰਚਣਾ ਹੈ।	وَأَنَّ إِلَىٰ رَبِّكَ الْمُنتَهَىٰ (42)
43. ਬੇਸ਼ੱਕ ਉਹੀਓ ਹਸਾਉਂਦਾ ਹੈ ਤੇ ਉਹੀਓ ਰੁਆਉਂਦਾ ਹੈ।	وَأَنَّهُ هُوَ أَضْحَكَ وَأَبْكَىٰ (43)
44. ਉਹੀਓ ਮੌਤ ਦਿੰਦਾ ਹੈ ਤੇ ਉਹੀਓ ਜਿਊਂਦਾ ਕਰਦਾ ਹੈ।	وَأَنَّهُ هُوَ أَمَاتَ وَأَحْيَا (44)
45. ਉਸੇ ਨੇ ਨਰ ਅਤੇ ਮਦੀਨ ਦਾ ਜੋੜਾ ਬਣਾਇਆ।	وَأَنَّهُ خَلَقَ الزَّوْجَيْنِ الذَّكَرَ وَالْأُنثَىٰ (45)
46. ਵੀਰਜ ਤੋਂ (ਜੋੜਾ ਬਣਾਇਆ) ਜਦੋਂ ਉਹ (ਗਰਭ ਵਿਚ) ਟਪਕਾਇਆ ਜਾਂਦਾ ਹੈ।	مِن نُّطْفَةٍ إِذَا تُمْنَىٰ (46)
47. (ਮਰਨ ਤੋਂ ਬਾਅਦ) ਮੁੜ ਸੁਰਜੀਤ ਕਰਨਾ ਵੀ ਉਸੇ (ਅੱਲਾਹ) ਦੇ ਜ਼ਿੰਮੇ ਹੈ।	وَأَنَّ عَلَيْهِ النَّشْأَةَ الْأُخْرَىٰ (47)
48. ਉਹੀਓ ਧਨ ਦੌਲਤ ਦਿੰਦਾ ਹੈ ਤੇ ਸਰਮਾਏਦਾਰ ਬਣਾਉਂਦਾ ਹੈ।	وَأَنَّهُ هُوَ أَغْنَىٰ وَأَقْنَىٰ (48)

[1] ਅੱਲਾਹ ਦੇ ਰਸੂਲ ਨੇ ਫ਼ਰਮਾਇਆ ਜਦੋਂ ਕੋਈ ਵਿਅਕਤੀ ਮਰ ਜਾਂਦਾ ਹੈ ਤਾਂ ਉਸ ਦੇ ਅਮਲਾਂ ਦਾ ਸਿਲਸਿਲਾ ਵੀ ਸਮਾਪਤ ਹੋ ਜਾਂਦਾ ਹੈ। ਛੁਟ ਤਿੰਨ ਚੀਜ਼ਾਂ ਦੇ 1. ਸਦਕਾ-ਏ-ਜਾਰੀਆ, 2. ਉਹ ਗਿਆਨ ਜਿਸ ਤੋਂ ਲਾਭ ਉਠਾਉਣ, 3. ਨੇਕ ਔਲਾਦ ਜਿਹੜੀ ਆਪਣੇ ਮਾਪਿਆਂ ਲਈ ਰੱਬ ਤੋਂ ਦੁਆਵਾਂ ਕਰਦੀ ਹੈ। (ਸਹੀ ਮੁਸਲਿਮ, ਹਦੀਸ: 1631)

49. ਉਹੀਓ ਸ਼ਿਅਰਾ (ਨਾਂ ਦੇ ਤਾਰੇ) ਦਾ ਰੱਬ ਹੈ। (ਜਿਸ ਨੂੰ ਤੁਸੀਂ ਪੂਜਦੇ ਹੋ) 64

وَأَنَّهُ هُوَ رَبُّ الشِّعْرَىٰ (49)

50. ਬੇਸ਼ੱਕ ਉਸੇ ਨੇ ਪਹਿਲੇ ਆਦ ਨੂੰ ਹਲਾਕ ਕੀਤਾ।

وَأَنَّهُ أَهْلَكَ عَادًا الْأُولَىٰ (50)

51. ਅਤੇ 'ਸਮੂਦ' ਨੂੰ ਵੀ (ਹਲਾਕ ਕੀਤਾ), ਫੇਰ ਉਸ ਨੇ ਕਿਸੇ ਨੂੰ ਵੀ ਬਾਕੀ ਨਹੀਂ ਛੱਡਿਆ।

وَثَمُودَ فَمَا أَبْقَىٰ (51)

52. ਉਹਨਾਂ (ਆਦ ਤੇ ਸਮੂਦ) ਤੋਂ ਪਹਿਲਾਂ ਨੂਹ ਦੀ ਕੌਮ ਨੂੰ ਵੀ (ਹਲਾਕ ਕੀਤਾ), ਨਿਰਸੰਦੇਹ, ਉਹ ਵੱਡੇ ਜ਼ਾਲਮ ਤੇ ਬਾਗ਼ੀ ਲੋਕ ਸਨ।

وَقَوْمَ نُوحٍ مِّن قَبْلُ ۖ إِنَّهُمْ كَانُوا هُمْ أَظْلَمَ وَأَطْغَىٰ (52)

53. ਉਸ (ਅੱਲਾਹ) ਨੇ (ਲੂਤ ਕੌਮ ਦੀਆਂ) ਮੂਧੀਆਂ ਕਰਨ ਯੋਗ ਬਸਤੀਆਂ ਨੂੰ ਚੁੱਕ ਕੇ ਧਰਤੀ ਉੱਤੇ ਵਗਾਹ ਮਾਰਿਆ।

وَالْمُؤْتَفِكَةَ أَهْوَىٰ (53)

54 ਫੇਰ ਉਸ ਬਸਤੀ ਨੂੰ (ਪੱਥਰਾਂ ਦੇ ਮੀਂਹ ਨੇ) ਢੱਕ ਲਿਆ, ਜਿਸ ਨੇ ਉਹਨਾਂ ਨੂੰ ਢਕਣਾ ਸੀ।

فَغَشَّاهَا مَا غَشَّىٰ (54)

55 ਸੋ (ਹੇ ਮਨੁੱਖ!) ਤੂੰ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਵਿਚ ਸ਼ੱਕ ਕਰੇਂਗਾ?

فَبِأَيِّ آلَاءِ رَبِّكَ تَتَمَارَىٰ (55)

56. ਇਹ (ਰਸੂਲ) ਵੀ ਪਹਿਲਾਂ ਤੋਂ ਆਏ ਹੋਏ ਡਰਾਉਣ ਵਾਲਿਆਂ ਵਿੱਚੋਂ ਇਕ ਡਰਾਉਣ ਵਾਲਾ ਹੈ।

هَٰذَا نَذِيرٌ مِّنَ النُّذُرِ الْأُولَىٰ (56)

57. ਨੇੜੇ ਆਉਣ ਵਾਲੀ (ਕਿਆਮਤ) ਹੋਰ ਨੇੜੇ ਆ ਲੱਗੀ ਹੈ।

أَزِفَتِ الْآزِفَةُ (57)

58. ਉਸ ਕਿਆਮਤ ਨੂੰ, ਛੁੱਟ ਅੱਲਾਹ ਤੋਂ, ਹੋਰ ਕੋਈ ਪ੍ਰਗਟ ਕਰਨ ਵਾਲਾ ਨਹੀਂ।

لَيْسَ لَهَا مِن دُونِ اللَّهِ كَاشِفَةٌ (58)

59 ਕੀ ਤੁਸੀਂ ਇਸੇ (ਕੁਰਆਨ ਦੀ) ਗੱਲ ਉੱਤੇ ਹੈਰਾਨੀ ਪ੍ਰਗਟ ਕਰਦੇ ਹੋ?

أَفَمِنْ هَٰذَا الْحَدِيثِ تَعْجَبُونَ (59)

60. ਤੁਸੀਂ ਹਸਦੇ ਹੋ, ਰੋਂਦੇ ਨਹੀਂ।

وَتَضْحَكُونَ وَلَا تَبْكُونَ (60)

61 ਤੁਸੀਂ ਖੇਡ-ਕੁੱਦ ਵਿਚ ਮਸਤ ਹੋ

وَأَنتُمْ سَامِدُونَ (61)

62. ਤੁਸੀਂ (ਬਾਜ਼ ਆ ਜਾਓ ਤੇ) ਅੱਲਾਹ ਨੂੰ ਸਿਜਦਾ ਕਰੋ ਅਤੇ ਉਸ ਦੀ ਬੰਦਗੀ ਕਰੋ।

فَاسْجُدُوا لِلَّهِ وَاعْبُدُوا (62)

54. ਸੂਰਤ ਅਲ-ਕ਼ਮਰ (ਮੱਕੀ-37)

سُوْرَةُ الْقَمَرِ

(ਆਇਤਾਂ 55, ਰੁਕੂਅ 3)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1 ਕਿਆਮਤ ਨੇੜੇ ਆ ਗਈ ਹੈ ਤੇ ਚੰਨ ਪਾਟ ਗਿਆ।[1]

اِقْتَرَبَتِ السَّاعَةُ وَانْشَقَّ الْقَمَرُ ①

2. ਜੇ ਉਹ (ਮੁਸ਼ਰਿਕ) ਕੋਈ ਮੋਅਜਜ਼ਾ (ਰੱਬੀ ਚਮਤਕਾਰ) ਵੇਖਣ ਤਾਂ ਮੂੰਹ ਮੋੜ ਲੈਂਦੇ ਹਨ ਅਤੇ ਆਖਦੇ ਕਿ ਇਹ ਜਾਦੂ ਤਾਂ ਸਦਾ ਤੋਂ ਹੀ ਚਲਿਆ ਆ ਰਿਹਾ ਹੈ।

وَاِنْ يَّرَوْا اٰيَةً يُّعْرِضُوْا وَيَقُوْلُوْا سِحْرٌ مُّسْتَمِرٌّ ②

3. ਉਹਨਾਂ ਨੇ (ਇਸ ਰੱਬੀ ਚਮਤਕਾਰ ਨੂੰ) ਝੁਠਲਾਇਆ ਅਤੇ ਆਪਣੀ ਇੱਛਾਵਾਂ ਦੇ ਪਿੱਛੇ ਤੁਰਦੇ ਰਹੇ, ਜਦ ਕਿ ਹਰ ਕੰਮ ਦਾ ਇਕ ਸਮਾਂ ਨਿਸ਼ਚਿਤ ਹੈ।

وَكَذَّبُوْا وَاتَّبَعُوْٓا اَهْوَآءَهُمْ وَكُلُّ اَمْرٍ مُّسْتَقِرٌّ ③

4 ਉਹਨਾਂ ਕੋਲ ਉਹ ਸਾਰੀਆਂ ਸੂਚਨਾਵਾਂ ਆ ਚੁੱਕੀਆਂ ਹਨ ਜਿਨ੍ਹਾਂ ਵਿਚ ਚਿਤਾਵਨੀ ਵੀ ਹੈ ਤੇ ਸਿੱਖਿਆ ਵੀ ਹੈ।

وَلَقَدْ جَآءَهُمْ مِّنَ الْاَنْۢبَآءِ مَا فِيْهِ مُزْدَجَرٌ ④

5. ਸਿਖਰ ਨੂੰ ਪਹੁੰਚੀ ਹੋਈ ਯੁਕਤੀ ਵੀ ਹੈ, ਪਰ ਕੇਵਲ ਚਿਤਾਵਨੀਆਂ ਹੀ ਕੰਮ ਨਹੀਂ ਆਉਂਦੀਆਂ।

حِكْمَةٌۢ بَالِغَةٌ فَمَا تُغْنِ النُّذُرُ ⑤

6 ਸੋ (ਹੇ ਨਬੀ!) ਇਹਨਾਂ ਤੋਂ ਮੂੰਹ ਮੋੜ ਲਵੋ। (ਯਾਦ ਕਰੋ) ਜਦੋਂ ਸੱਦਣ ਵਾਲਾ ਅਤਿ ਭੈੜੀ ਚੀਜ਼ (ਨਰਕ) ਵੱਲ ਸੱਦੇਗਾ।

فَتَوَلَّ عَنْهُمْ ۘ يَوْمَ يَدْعُ الدَّاعِ اِلٰى شَيْءٍ نُّكُرٍ ⑥

---

[1] ਇਹ ਉਹ ਮੋਅਜਜ਼ਾ ਹੈ ਜਿਹੜਾ ਮੱਕੇ ਵਾਲਿਆਂ ਦੀ ਮੰਗ ਉੱਤੇ ਵਿਖਾਇਆ ਗਿਆ ਸੀ। ਹਜ਼ਰਤ ਅਨਸ ਫ਼ਰਮਾਉਂਦੇ ਹਨ ਕਿ ਮੱਕੇ ਵਾਲਿਆਂ ਨੇ ਅੱਲਾਹ ਦੇ ਰਸੂਲ ਤੋਂ ਕੋਈ ਨਿਸ਼ਾਨੀ ਵਿਖਾਉਣ ਲਈ ਮੰਗ ਕੀਤੀ ਤਾਂ ਆਪ (ਸ:) ਨੇ ਅੱਲਾਹ ਦੇ ਹੁਕਮ ਨਾਲ ਚੰਨ ਦੇ ਦੋ ਟੁਕੜੇ ਕਰਕੇ ਵਿਖਾ ਦਿੱਤੇ। (ਸਹੀ ਬੁਖ਼ਾਰੀ, ਹਦੀਸ 4867)

7. (ਉਸ ਸਮੇਂ) ਉਹਨਾਂ ਦੀਆਂ ਨਜ਼ਰਾਂ ਝੁਕੀਆਂ ਹੋਣਗੀਆਂ। ਉਹ ਕਬਰਾਂ ਵਿੱਚੋਂ ਇੰਜ ਨਿਕਲਣਗੇ ਜਿਵੇਂ ਉਹ ਖਿੰਡੀਆਂ ਹੋਈਆਂ ਟਿੱਡੀਆਂ ਹੋਣ।

خُشَّعًا أَبْصَارُهُمْ يَخْرُجُونَ مِنَ الْأَجْدَاثِ كَأَنَّهُمْ جَرَادٌ مُنْتَشِرٌ ﴿٧﴾

8. ਜਦੋਂ ਉਹ (ਲੋਕ) ਸੱਦਣ ਵਾਲੇ (ਰੱਬ) ਵੱਲ ਨਸਦੇ ਜਾ ਰਹੇ ਹੋਣਗੇ ਤਾਂ ਕਾਫ਼ਿਰ ਆਖਣਗੇ ਕਿ ਇਹ ਦਿਹਾੜਾ ਤਾਂ ਬਹੁਤ ਹੀ ਕਰੜਾ ਹੈ।

مُهْطِعِينَ إِلَى الدَّاعِ يَقُولُ الْكَافِرُونَ هَٰذَا يَوْمٌ عَسِرٌ ﴿٨﴾

9. ਇਹਨਾਂ ਤੋਂ ਪਹਿਲਾਂ ਨੂਹ ਕੌਮ ਨੇ ਝੁਠਲਾਇਆ ਸੀ, ਸੋ ਉਹਨਾਂ ਨੇ ਸਾਡੇ ਬੰਦੇ ਨੂੰ ਝੂਠਾ ਦੱਸਿਆ ਤੇ ਆਖਿਆ ਕਿ ਇਹ ਤਾਂ ਸੁਦਾਈ ਹੈ ਅਤੇ (ਉਸ ਨੂੰ) ਝਿੜਕ ਦਿੱਤਾ ਗਿਆ।

كَذَّبَتْ قَبْلَهُمْ قَوْمُ نُوحٍ فَكَذَّبُوا عَبْدَنَا وَقَالُوا مَجْنُونٌ وَازْدُجِرَ ﴿٩﴾

10. ਤਦ ਉਸ ਨੇ ਆਪਣੇ ਰੱਬ ਨੂੰ ਪੁਕਾਰਿਆ ਕਿ ਬੇਸ਼ੱਕ ਮੈਂ ਬੇਵਸ ਹਾਂ, ਹੁਣ ਤੂੰ ਹੀ ਇਹਨਾਂ ਤੋਂ ਬਦਲਾ ਲੈ।

فَدَعَا رَبَّهُ أَنِّي مَغْلُوبٌ فَانْتَصِرْ ﴿١٠﴾

11. ਸੋ ਅਸੀਂ ਮੂਸਲਾਧਾਰ ਮੀਂਹ ਨਾਲ ਅਕਾਸ਼ ਦੇ ਮੂੰਹ ਖੋਲ੍ਹ ਦਿੱਤੇ।

فَفَتَحْنَا أَبْوَابَ السَّمَاءِ بِمَاءٍ مُنْهَمِرٍ ﴿١١﴾

12. ਅਸੀਂ ਧਰਤੀ ਵਿਚ ਚਸ਼ਮੇ ਵਗਾ ਦਿੱਤੇ ਤੇ (ਅਕਾਸ਼ ਤੇ ਧਰਤੀ) ਦਾ ਪਾਣੀ ਆਪੋ ਵਿਚ ਮਿਲ ਗਏ (ਭਾਵ ਹੜ੍ਹ ਆ ਗਿਆ), ਜਿਹੜਾ (ਉਹਨਾਂ ਦਾ) ਮੁਕੱਦਰ ਬਣ ਚੁੱਕਿਆ ਸੀ।

وَفَجَّرْنَا الْأَرْضَ عُيُونًا فَالْتَقَى الْمَاءُ عَلَىٰ أَمْرٍ قَدْ قُدِرَ ﴿١٢﴾

13. ਅਸੀਂ ਨੂਹ ਨੂੰ ਤਖ਼ਤਿਆਂ ਤੇ ਕਿੱਲਾਂ ਵਾਲੀ (ਬੇੜੀ) ਉੱਤੇ ਸਵਾਰ ਕੀਤਾ।

وَحَمَلْنَاهُ عَلَىٰ ذَاتِ أَلْوَاحٍ وَدُسُرٍ ﴿١٣﴾

14. ਉਹ (ਬੇੜੀ) ਸਾਡੀਆਂ ਅੱਖਾਂ ਸਾਹਮਣੇ ਤੁਰਦੀ ਸੀ। ਅਸੀਂ ਇਹ ਸਭ ਉਸ ਵਿਅਕਤੀ (ਨੂਹ) ਦਾ ਬਦਲਾ ਲੈਣ ਲਈ ਕੀਤਾ ਸੀ ਜਿਸ ਨੂੰ ਝੁਠਲਾਇਆ ਗਿਆ ਸੀ।

تَجْرِي بِأَعْيُنِنَا جَزَاءً لِمَنْ كَانَ كُفِرَ ﴿١٤﴾

15. ਅਸੀਂ ਉਸ (ਬੇੜੀ ਨੂੰ) ਇਕ ਨਿਸ਼ਾਨੀ (ਬਣਾ) ਛੱਡਿਆ। ਫੇਰ ਕੋਈ ਹੈ ਜਿਹੜਾ ਨਸੀਹਤ ਪ੍ਰਾਪਤ ਕਰੇ?

وَلَقَدْ تَرَكْنَاهَا آيَةً فَهَلْ مِنْ مُدَّكِرٍ ﴿١٥﴾

16 ਫੇਰ (ਵੇਖੋ) ਮੇਰਾ ਅਜ਼ਾਬ ਤੇ ਮੇਰੀ ਚਿਤਾਵਨੀ ਕਿਹੋ ਜਿਹੇ ਸੀ।	فَكَيْفَ كَانَ عَذَابِي وَنُذُرِ ﴿16﴾
17 ਬੇਸ਼ੱਕ ਅਸੀਂ ਇਸ .ਕੁਰਆਨ ਨੂੰ ਸਿੱਖਿਆ ਲੈਣ ਲਈ ਸੁਖਾਲਾ ਬਣਾਇਆ ਹੈ, ਹੈ ਕੋਈ ਸਿੱਖਿਆ ਪ੍ਰਾਪਤ ਕਰਨ ਵਾਲਾ?	وَلَقَدْ يَسَّرْنَا الْقُرْآنَ لِلذِّكْرِ فَهَلْ مِن مُّدَّكِرٍ ﴿17﴾
18. 'ਆਦ' ਦੀ ਕੌਮ ਨੇ ਝੁਠਲਾਇਆ, ਫੇਰ ਵੇਖੋ ਮੇਰਾ ਅਜ਼ਾਬ ਤੇ ਮੇਰੀ ਚਿਤਾਵਨੀ ਕਿਹੋ ਜਿਹੀ ਸੀ।	كَذَّبَتْ عَادٌ فَكَيْفَ كَانَ عَذَابِي وَنُذُرِ ﴿18﴾
19. ਅਸੀਂ ਉਹਨਾਂ ਉੱਤੇ ਨਿਰੰਤਰ ਅਸ਼ੁੱਭ ਦਿਹਾੜੇ ਇਕ ਸ਼ੂਕਦੀ ਤੂਫ਼ਾਨੀ ਹਵਾ ਭੇਜੀ।	إِنَّا أَرْسَلْنَا عَلَيْهِمْ رِيحًا صَرْصَرًا فِي يَوْمِ نَحْسٍ مُّسْتَمِرٍّ ﴿19﴾
20. ਉਹ (ਹਵਾ) ਲੋਕਾਂ ਨੂੰ ਚੁੱਕ ਚੁੱਕ ਕੇ ਇੰਜ ਸੁੱਟ ਰਹੀ ਸੀ ਜਿਵੇਂ ਕਿ ਉਹ ਜੜੋਂ ਉਖੜੇ ਹੋਏ ਖਜੂਰ ਦੇ ਮੋਛੇ ਹੋਣ।	تَنزِعُ النَّاسَ كَأَنَّهُمْ أَعْجَازُ نَخْلٍ مُّنقَعِرٍ ﴿20﴾
21 ਫੇਰ ਵੇਖੋ ਮੇਰਾ ਅਜ਼ਾਬ ਤੇ ਮੇਰੀ ਚਿਤਾਵਨੀ ਕਿਹੋ ਜਿਹੀ ਸੀ।	فَكَيْفَ كَانَ عَذَابِي وَنُذُرِ ﴿21﴾
22 ਬੇਸ਼ੱਕ ਅਸੀਂ .ਕੁਰਆਨ ਨੂੰ ਨਸੀਹਤ ਲਈ ਬਹੁਤ ਹੀ ਸੌਖਾ ਕਰ ਦਿੱਤਾ ਹੈ, ਹੈ ਕੋਈ ਨਸੀਹਤ ਪ੍ਰਾਪਤ ਕਰਨ ਵਾਲਾ?	وَلَقَدْ يَسَّرْنَا الْقُرْآنَ لِلذِّكْرِ فَهَلْ مِن مُّدَّكِرٍ ﴿22﴾
23 (ਸਮੂਦ ਦੀ) ਕੌਮ ਨੇ ਚਿਤਾਵਨੀ ਦੇਣ ਵਾਲੇ (ਨਬੀ) ਨੂੰ ਝੁਠਲਾਇਆ।	كَذَّبَتْ ثَمُودُ بِالنُّذُرِ ﴿23﴾
24. ਉਹਨਾਂ ਨੇ ਆਖਿਆ ਕਿ ਭਲਾ ਇਕ ਅਜਿਹਾ ਵਿਅਕਤੀ ਜਿਹੜਾ ਸਾਡੇ ਵਿੱਚੋਂ ਹੋਵੇ ਅਸੀਂ ਉਸ ਦੇ ਪਿੱਛੇ ਤੁਰੀਏ? ਫੇਰ ਤਾਂ ਅਸੀਂ ਕੁਰਾਹੀਆਂ ਅਤੇ ਸੁਦਾਈਆਂ ਵਿੱਚੋਂ ਹੋਵਾਂਗੇ।	فَقَالُوا أَبَشَرًا مِّنَّا وَاحِدًا نَّتَّبِعُهُ إِنَّا إِذًا لَّفِي ضَلَالٍ وَسُعُرٍ ﴿24﴾
25. ਕੀ ਸਾਡੇ ਵਿੱਚੋਂ ਉਸ 'ਤੇ ਹੀ ਵਹੀ (ਰੱਬੀ ਸੁਨੇਹਾ) ਉਤਾਰੀ ਗਈ ਹੈ? (ਨਹੀਂ !) ਸਗੋਂ ਉਹ ਤਾਂ ਬਹੁਤ ਹੀ ਝੂਠਾ ਤੇ ਸ਼ੇਖ਼ੀ ਖ਼ੋਰਾ ਹੈ।	أَأُلْقِيَ الذِّكْرُ عَلَيْهِ مِن بَيْنِنَا بَلْ هُوَ كَذَّابٌ أَشِرٌ ﴿25﴾

26. ਭਲਕੇ (ਭਾਵ ਕਿਆਮਤ ਦਿਹਾੜੇ) ਹੀ ਉਹਨਾਂ ਨੂੰ ਪਤਾ ਲੱਗ ਜਾਵੇਗਾ ਕਿ ਕੌਣ ਝੂਠਾ ਹੈ ਤੇ ਕੌਣ ਸ਼ੇਖ਼ੀਆਂ ਮਾਰਦਾ ਹੈ।

سَيَعْلَمُونَ غَدًا مَّنِ الْكَذَّابُ الْأَشِرُ 26

27. ਬੇਸ਼ੱਕ ਅਸੀਂ ਉਹਨਾਂ ਦੀ ਅਜ਼ਮਾਇਸ਼ ਲਈ ਇਕ ਊਠਣੀ (ਚੱਟਾਨਾਂ ਵਿੱਚੋਂ ਕੱਢ ਕੇ) ਭੇਜਣ ਵਾਲੇ ਹਾਂ। ਸੋ (ਹੇ ਸਾਲੇਹ!) ਤੂੰ ਉਹਨਾਂ (ਦੇ ਅੰਤ) ਦੀ ਉਡੀਕ ਕਰ ਤੇ ਧੀਰਜ ਤੋਂ ਕੰਮ ਲੈ।

إِنَّا مُرْسِلُو النَّاقَةِ فِتْنَةً لَّهُمْ فَارْتَقِبْهُمْ وَاصْطَبِرْ 27

28. ਉਹਨਾਂ ਨੂੰ ਦੱਸ ਦਿਓ ਕਿ ਪਾਣੀ ਨੂੰ ਇਹਨਾਂ (ਬਸਤੀ ਵਾਲਿਆਂ ਤੇ ਊਠਣੀ) ਵਿਚਕਾਰ ਵੰਡਿਆ ਜਾਵੇਗਾ ਅਤੇ ਹਰੇਕ ਆਪਣੀ ਵਾਰੀ ਵਾਲੇ ਦਿਨ (ਪਾਣੀ ਪੀਣ ਲਈ) ਆਵੇਗਾ।

وَنَبِّئْهُمْ أَنَّ الْمَاءَ قِسْمَةٌ بَيْنَهُمْ كُلُّ شِرْبٍ مُّحْتَضَرٌ 28

29. ਪਰ ਉਹਨਾਂ ਲੋਕਾਂ ਨੇ ਆਪਣੇ ਇਕ ਸਾਥੀ ਨੂੰ ਸੱਦਿਆ ਅਤੇ ਉਸ ਨੇ (ਊਠਣੀ ਨੂੰ) ਫੜਿਆ ਤੇ ਵੱਢ ਸੁੱਟਿਆ।

فَنَادَوْا صَاحِبَهُمْ فَتَعَاطَىٰ فَعَقَرَ 29

30. ਫੇਰ ਵੇਖੋ ਮੇਰਾ ਅਜ਼ਾਬ ਤੇ ਮੇਰੀ ਚਿਤਾਵਨੀ ਕਿਹੋ ਜਿਹੀ ਸੀ?

فَكَيْفَ كَانَ عَذَابِي وَنُذُرِ 30

31. ਬੇਸ਼ੱਕ ਅਸੀਂ ਉਹਨਾਂ ਉੱਤੇ ਇਕ ਚੰਘਿਆੜ ਭੇਜੀ ਤਾਂ ਉਹ ਬਾੜ ਵਾਲਿਆਂ ਦੀ ਲਤਾੜੀ ਹੋਈ ਵਾੜ ਵਾਂਗ (ਚੂਰਾ-ਚੂਰਾ) ਹੋ ਕੇ ਰਹਿ ਗਏ।

إِنَّا أَرْسَلْنَا عَلَيْهِمْ صَيْحَةً وَاحِدَةً فَكَانُوا كَهَشِيمِ الْمُحْتَظِرِ 31

32. ਬੇਸ਼ੱਕ ਅਸੀਂ ਕੁਰਆਨ ਨੂੰ ਨਸੀਹਤ ਲਈ ਆਸਾਨ ਬਣਾਇਆ ਹੈ। ਕੀ ਕੋਈ ਨਸੀਹਤ ਲੈਣ ਵਾਲਾ ਹੈ?

وَلَقَدْ يَسَّرْنَا الْقُرْآنَ لِلذِّكْرِ فَهَلْ مِن مُّدَّكِرٍ 32

33. ਲੂਤ ਦੀ ਕੌਮ ਨੇ ਡਰਾਉਣ ਵਾਲੇ (ਨਬੀ) ਨੂੰ ਝੁਠਲਾਇਆ।

كَذَّبَتْ قَوْمُ لُوطٍ بِالنُّذُرِ 33

34. ਛੁੱਟ ਲੂਤ ਦੇ ਘਰ ਵਾਲਿਆਂ ਤੋਂ, ਅਸੀਂ ਉਹਨਾਂ ਉੱਤੇ ਪਥਰਾਓ ਕਰਨ ਵਾਲੀ ਹਵਾ ਭੇਜੀ, ਅਸੀਂ ਉਹਨਾਂ ਈਮਾਨ ਵਾਲਿਆਂ ਨੂੰ ਸਰਘੀ ਵੇਲੇ ਬਚਾਇਆ।

إِنَّا أَرْسَلْنَا عَلَيْهِمْ حَاصِبًا إِلَّا آلَ لُوطٍ نَّجَّيْنَاهُم بِسَحَرٍ 34

35. ਆਪਣੀ ਵਿਸ਼ੇਸ਼ ਕ੍ਰਿਪਾ ਨਾਲ (ਬਚਾ ਲਿਆ), ਅਸੀਂ ਇੰਜ ਹੀ ਸ਼ੁਕਰ ਕਰਨ ਵਾਲਿਆਂ ਨੂੰ ਬਦਲਾ ਦਿੰਦੇ ਹਾਂ।

نِّعْمَةً مِّنْ عِندِنَا ۚ كَذَٰلِكَ نَجْزِي مَن شَكَرَ (35)

36. ਬੇਸ਼ੱਕ ਲੂਤ ਨੇ ਉਹਨਾਂ (ਬਸਤੀ ਵਾਲਿਆਂ) ਨੂੰ ਸਾਡੀ ਪਕੜ ਤੋਂ ਡਰਾਇਆ, ਪਰ ਉਹਨਾਂ ਨੇ ਇਹਨਾਂ ਡਰਾਵਿਆਂ ਵਿਚ ਸ਼ੱਕ ਕੀਤਾ।

وَلَقَدْ أَنذَرَهُم بَطْشَتَنَا فَتَمَارَوْا بِالنُّذُرِ (36)

37. ਉਹਨਾਂ (ਬਸਤੀ ਵਾਲਿਆਂ) ਨੇ ਲੂਤ ਕੋਲੋਂ ਉਸ ਦੇ ਮਹਿਮਾਨਾਂ ਦੀ ਮੰਗ (ਆਪਣੀ ਕਾਮਵਾਸਨਾ ਪੂਰੀ ਕਰਨ ਲਈ) ਕੀਤੀ ਸੀ ਤਾਂ ਅਸੀਂ ਉਹਨਾਂ ਦੀਆਂ ਅੱਖਾਂ ਮੀਟ ਦਿੱਤੀਆਂ। ਸੋ ਹੁਣ ਤੁਸੀਂ ਮੇਰੇ ਅਜ਼ਾਬ ਤੇ ਮੇਰੇ ਡਰਾਉਣ ਦਾ ਸੁਆਦ ਵੇਖੋ।

وَلَقَدْ رَاوَدُوهُ عَن ضَيْفِهِ فَطَمَسْنَا أَعْيُنَهُمْ فَذُوقُوا
عَذَابِي وَنُذُرِ (37)

38. ਸਵੇਰ ਵੇਲੇ ਇਕ ਅਟਲ ਅਜ਼ਾਬ ਨੇ ਉਹਨਾਂ ਨੂੰ ਹਲਾਕ ਕਰ ਸੁੱਟਿਆ।

وَلَقَدْ صَبَّحَهُم بُكْرَةً عَذَابٌ مُّسْتَقِرٌّ (38)

39. ਸੋ ਤੁਸੀਂ ਮੇਰੇ ਅਜ਼ਾਬ ਤੇ ਮੇਰੇ ਡਰਾਉਣ ਦਾ ਸੁਆਦ ਲਵੋ।

فَذُوقُوا عَذَابِي وَنُذُرِ (39)

40. ਬੇਸ਼ੱਕ ਅਸੀਂ ਕੁਰਆਨ ਨੂੰ ਨਸੀਹਤ ਲਈ ਸੌਖਾ ਬਣਾਇਆ ਹੈ। ਸੋ ਹੈ ਕੋਈ ਨਸੀਹਤ ਲੈਣ ਵਾਲਾ।

وَلَقَدْ يَسَّرْنَا الْقُرْآنَ لِلذِّكْرِ فَهَلْ مِن مُّدَّكِرٍ (40)

41. ਬੇਸ਼ੱਕ ਫ਼ਿਰਔਨੀਆਂ ਕੋਲ ਵੀ ਡਰਾਉਣ ਵਾਲੇ (ਮੂਸਾ ਤੇ ਹਾਰੂਨ) ਆਏ।

وَلَقَدْ جَاءَ آلَ فِرْعَوْنَ النُّذُرُ (41)

42. ਪਰ ਉਹਨਾਂ (ਫ਼ਿਰਔਨੀਆਂ) ਨੇ ਸਾਡੀਆਂ ਸਾਰੀਆਂ ਨਿਸ਼ਾਨੀਆਂ ਨੂੰ ਝੁਠਲਾਇਆ। ਫੇਰ ਅਸੀਂ ਉਹਨਾਂ ਨੂੰ ਇਕ ਵੱਡੇ ਜ਼ੋਰਾਵਰ ਵਾਂਗ ਨੱਪ ਲਿਆ।

كَذَّبُوا بِآيَاتِنَا كُلِّهَا فَأَخَذْنَاهُمْ أَخْذَ عَزِيزٍ
مُّقْتَدِرٍ (42)

43. ਹੇ ਅਰਬ ਵਾਲਿਓ! ਕੀ ਤੁਹਾਡੇ ਕਾਫ਼ਿਰ ਤੁਹਾਥੋਂ ਪਹਿਲਾਂ ਦੇ ਕਾਫ਼ਿਰਾਂ ਤੋਂ ਵਧੀਆ ਹਨ ਜਾਂ ਤੁਹਾਡੇ ਲਈ ਪਹਿਲੀਆਂ ਕਿਤਾਬਾਂ ਵਿਚ ਕੋਈ ਮੁਕਤੀ ਲਿਖੀ ਹੋਈ ਹੈ?

أَكُفَّارُكُمْ خَيْرٌ مِّنْ أُولَٰئِكُمْ أَمْ لَكُم بَرَاءَةٌ
فِي الزُّبُرِ (43)

44. ਕੀ ਉਹ (ਮੁਸ਼ਰਿਕ) ਆਖਦੇ ਹਨ ਕਿ ਸਾਡਾ ਜੱਥਾ ਹੀ ਭਾਰੂ ਰਹਿਣ ਵਾਲਾ ਹੈ?

أَمْ يَقُولُونَ نَحْنُ جَمِيعٌ مُّنتَصِرٌ (44)

45. (ਹੇ ਨਬੀ!) ਛੇਤੀ ਹੀ ਉਹਨਾਂ ਦਾ ਜੱਥਾ ਹਾਰ ਜਾਵੇਗਾ ਅਤੇ ਉਹ ਪਿੱਠ ਫੇਰ ਕੇ ਨੱਸ ਜਾਣਗੇ।

سَيُهْزَمُ الْجَمْعُ وَيُوَلُّونَ الدُّبُرَ ﴿٤٥﴾

46. ਇਹਨਾਂ ਨਾਲ ਮਿਲਣ ਦਾ ਅਸਲ ਵਾਅਦਾ ਤਾਂ ਕਿਆਮਤ ਹੈ ਅਤੇ ਕਿਆਮਤ ਇਕ ਵੱਡੀ ਬਿਪਤਾ ਦੀ ਘੜੀ ਤੇ ਵਧੇਰੇ ਕੌੜੀ ਘੜੀ ਹੈ।

بَلِ السَّاعَةُ مَوْعِدُهُمْ وَالسَّاعَةُ أَدْهَىٰ وَأَمَرُّ ﴿٤٦﴾

47. ਬੇਸ਼ੱਕ ਇਹ ਅਪਰਾਧੀ ਗੁਮਰਾਹੀ ਤੇ ਦਿਵਾਨਗੀ ਵਿਚ ਫਸੇ ਹੋਏ ਹਨ।

إِنَّ الْمُجْرِمِينَ فِي ضَلَالٍ وَسُعُرٍ ﴿٤٧﴾

48. ਜਿਸ ਦਿਨ ਇਹ ਮੂੰਹ ਦੇ ਭਾਰ ਅੱਗ ਵਿਚ ਘਸੀਟੇ ਜਾਣਗੇ[1] ਅਤੇ ਆਖਿਆ ਜਾਵੇਗਾ ਕਿ ਹੁਣ ਤੁਸੀਂ ਨਰਕ ਦੇ ਕਸ਼ਟ ਦਾ ਸੁਆਦ ਵੇਖੋ।

يَوْمَ يُسْحَبُونَ فِي النَّارِ عَلَىٰ وُجُوهِهِمْ ذُوقُوا مَسَّ سَقَرَ ﴿٤٨﴾

49. ਬੇਸ਼ੱਕ ਅਸਾਂ ਹਰੇਕ ਚੀਜ਼ ਅਨੁਮਾਨ ਦੇ ਅਨੁਸਾਰ ਹੀ ਸਾਜੀ ਹੈ।

إِنَّا كُلَّ شَيْءٍ خَلَقْنَاهُ بِقَدَرٍ ﴿٤٩﴾

50. ਸਾਡਾ ਹੁਕਮ ਤਾਂ ਅੱਖ ਝਮਕਦੇ ਵਾਂਗ ਇਕ ਸ਼ਬਦ ਹੀ ਹੁੰਦਾ ਹੈ (ਕਿ ਹੋ ਜਾ)।

وَمَا أَمْرُنَا إِلَّا وَاحِدَةٌ كَلَمْحٍ بِالْبَصَرِ ﴿٥٠﴾

51. (ਹੇ ਅਰਬ ਵਾਲਿਓ!) ਅਸੀਂ (ਪਹਿਲਾਂ ਵੀ) ਤੁਹਾਡੇ ਵਰਗੇ (ਇਨਕਾਰੀਆਂ) ਨੂੰ ਹਲਾਕ ਕਰ ਚੁੱਕੇ ਹਾਂ, ਹੈ ਕੋਈ ਨਸੀਹਤ ਕਬੂਲਣ ਵਾਲਾ?

وَلَقَدْ أَهْلَكْنَا أَشْيَاعَكُمْ فَهَلْ مِنْ مُدَّكِرٍ ﴿٥١﴾

52. ਜੋ ਕੁੱਝ ਉਹਨਾਂ ਨੇ ਕੀਤਾ ਹੈ ਉਹ ਸਭ ਕਿਤਾਬਾਂ (ਭਾਵ ਕਰਮ-ਪਤਰੀਆਂ) ਵਿਚ (ਲਿਖਿਆ ਹੋਇਆ) ਹੈ।

وَكُلُّ شَيْءٍ فَعَلُوهُ فِي الزُّبُرِ ﴿٥٢﴾

53. ਨਿਰਸੰਦੇਹ, ਹਰ ਨਿੱਕਾ ਮੋਟਾ ਅਮਲ (ਲੌਹੇ-ਮਹਿਫ਼ੂਜ਼ ਵਿੱਚ) ਲਿਖਿਆ ਹੋਇਆ ਹੈ।

وَكُلُّ صَغِيرٍ وَكَبِيرٍ مُسْتَطَرٌ ﴿٥٣﴾

54. ਬੇਸ਼ੱਕ ਬੁਰਾਈਆਂ ਤੋਂ ਬਚਣ ਵਾਲੇ ਬਾਗ਼ਾਂ ਤੇ ਨਹਿਰਾਂ ਵਿਚ ਹੋਣਗੇ।

إِنَّ الْمُتَّقِينَ فِي جَنَّاتٍ وَنَهَرٍ ﴿٥٤﴾

55. ਸੱਚੀ ਇੱਜ਼ਤ ਦੀ ਥਾਂ ਹਰ ਪ੍ਰਕਾਰ ਦੀ ਸਮਰਥਾ ਰੱਖਣ ਵਾਲੇ ਪਾਤਸ਼ਾਹ ਦੇ ਕੋਲ ਹੈ।

فِي مَقْعَدِ صِدْقٍ عِنْدَ مَلِيكٍ مُقْتَدِرٍ ﴿٥٥﴾

---

[1] ਵੇਖੋ ਸੂਰਤ ਬਨੀ ਇਸਰਾਈਲ, ਹਾਸ਼ੀਆ ਆਇਤ 97/17

55. ਸੂਰਤ ਅਰ-ਰਹਿਮਾਨ (ਮੱਕੀ-97)

سُوْرَةُ الرَّحْمٰنِ

(ਆਇਤਾਂ 78, ਰੁਕੂਅ 3)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਰਹਿਮਾਨ (ਅੱਲਾਹ ਹੀ ਹੈ)।

اَلرَّحْمٰنُ ۝١

2. ਉਸੇ ਨੇ ਕੁਰਆਨ ਸਿਖਾਇਆ।

عَلَّمَ الْقُرْاٰنَ ۝٢

3. ਉਸੇ ਨੇ ਮਨੁੱਖ ਨੂੰ ਪੈਦਾ ਕੀਤਾ।

خَلَقَ الْاِنْسَانَ ۝٣

4. ਉਸੇ ਨੇ ਬੋਲਣਾ ਸਿਖਾਇਆ।

عَلَّمَهُ الْبَيَانَ ۝٤

5. ਸੂਰਜ ਅਤੇ ਚੰਨ ਇਕ ਹਿਸਾਬ ਨਾਲ ਤੁਰਦੇ ਹਨ।

اَلشَّمْسُ وَالْقَمَرُ بِحُسْبَانٍ ۝٥

6. ਵੇਲਾਂ ਤੇ ਰੁੱਖ (ਉਸੇ ਨੂੰ) ਸਿਜਦਾ ਕਰਦੇ ਹਨ।

وَّالنَّجْمُ وَالشَّجَرُ يَسْجُدٰنِ ۝٦

7. ਅਕਾਸ਼ ਨੂੰ ਉਸ ਨੇ ਉੱਚਾ ਕੀਤਾ ਅਤੇ ਉਸੇ ਨੇ (ਇਨਸਾਫ਼ ਕਰਨ ਲਈ) ਤੱਕੜੀ ਬਣਾਈ।

وَالسَّمَآءَ رَفَعَهَا وَوَضَعَ الْمِيْزَانَ ۝٧

8. ਤਾਂ ਜੋ ਤੁਸੀਂ ਤੋਲਣ ਸਮੇਂ ਕੋਈ ਗੜਬੜ ਨਾ ਕਰੋ।

اَلَّا تَطْغَوْا فِي الْمِيْزَانِ ۝٨

9. ਤੁਸੀਂ ਇਨਸਾਫ਼ ਨਾਲ ਤੋਲ ਕਰੋ ਅਤੇ ਤੋਲਣ ਵਿਚ ਠੱਗੀ ਨਾ ਮਾਰੋ।

وَاَقِيْمُوا الْوَزْنَ بِالْقِسْطِ وَلَا تُخْسِرُوا الْمِيْزَانَ ۝٩

10. ਉਸੇ ਨੇ ਧਰਤੀ ਨੂੰ ਸਾਰੀ ਖ਼ਲਕਤ ਲਈ ਵਿਛਾਇਆ।

وَالْاَرْضَ وَضَعَهَا لِلْاَنَامِ ۝١٠

11. ਇਸ ਵਿਚ ਸੁਆਦਲੇ ਫਲ ਤੇ ਖਜੂਰਾਂ ਦੇ ਰੁੱਖ ਹਨ, ਜਿਨ੍ਹਾਂ ਦੇ ਫਲ ਗ਼ਲਾਫ਼ਾਂ ਵਿਚ ਵਲ੍ਹੇਟੇ ਹੁੰਦੇ [redacted]

فِيْهَا فَاكِهَةٌ وَّالنَّخْلُ ذَاتُ الْاَكْمَامِ ۝١١

12. ਤੂੜੀ ਵਾਲੇ ਦਾਣੇ ਅਤੇ ਸੁਗੰਧੀ ਫੁੱਲ ਵੀ ਹਨ।

وَالْحَبُّ ذُو الْعَصْفِ وَالرَّيْحَانُ 12

13 ਸੋ ਹੇ ਜਿੰਨੋ ਤੇ ਮਨੁੱਖੋ! ਤੁਸੀਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ 13

14 ਉਸ ਨੇ ਮਨੁੱਖ ਨੂੰ ਠੀਕਰੀ ਵਰਗੀ ਸੁੱਕੀ ਸੜੀ ਮਿੱਟੀ ਤੋਂ ਪੈਦਾ ਕੀਤਾ ਹੈ।

خَلَقَ الْإِنْسَانَ مِنْ صَلْصَالٍ كَالْفَخَّارِ 14

15. ਉਸੇ ਨੇ ਜਿੰਨ ਨੂੰ ਅੱਗ ਦੀ ਲਾਟ ਤੋਂ ਪੈਦਾ ਕੀਤਾ ਹੈ।

وَخَلَقَ الْجَانَّ مِنْ مَارِجٍ مِنْ نَارٍ 15

16. ਸੋ ਤੁਸੀਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ 16

17. ਉਹੀਓ ਦੋਵੇਂ ਪੂਰਬਾਂ ਅਤੇ ਦੋਵੇਂ ਪੱਛਮਾਂ ਦਾ ਰੱਬ ਹੈ।

رَبُّ الْمَشْرِقَيْنِ وَرَبُّ الْمَغْرِبَيْنِ 17

18 ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ 18

19 ਉਸੇ (ਰਹਿਮਾਨ ਨੇ) ਦੋ ਸਮੁੰਦਰ ਵਗਾ ਦਿੱਤੇ ਜਿਹੜੇ ਆਪੋ ਵਿਚ ਮਿਲਦੇ ਹਨ

مَرَجَ الْبَحْرَيْنِ يَلْتَقِيَانِ 19

20. ਉਹਨਾਂ ਦੋਵਾਂ ਵਿਚਕਾਰ ਇਕ ਪੜਦਾ ਹੈ, ਉਹ ਦੋਵੇਂ ਸਮੁੰਦਰ ਉਸ ਤੋਂ ਅੱਗੇ ਨਹੀਂ ਲੰਘ ਸਕਦੇ।

بَيْنَهُمَا بَرْزَخٌ لَا يَبْغِيَانِ 20

21. ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ 21

22. ਉਹਨਾਂ ਦੋਵੇਂ ਸਮੁੰਦਰਾਂ ਵਿੱਚੋਂ ਮੋਤੀ ਅਤੇ ਮੂੰਗੇ ਨਿਕਲਦੇ ਹਨ।

يَخْرُجُ مِنْهُمَا اللُّؤْلُؤُ وَالْمَرْجَانُ 22

23 ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ 23

24. ਸਮੁੰਦਰ ਵਿਚ ਵਗਦੇ ਉੱਚੇ ਉੱਚੇ ਪਹਾੜਾਂ ਵਾਂਗ ਜਹਾਜ਼ ਅਤੇ ਬੇੜੀਆਂ ਉਸੇ ਦੇ ਹਨ।

وَلَهُ الْجَوَارِ الْمُنْشَآتُ فِي الْبَحْرِ كَالْأَعْلَامِ 24

25. ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِاَیِّ اٰلَآءِ رَبِّكُمَا تُكَذِّبٰنِ ﴿25﴾

26. ਹਰ ਉਹ ਚੀਜ਼ ਜਿਹੜੀ ਧਰਤੀ ਉੱਤੇ ਹੈ, ਨਸ਼ਟ ਹੋਣ ਵਾਲੀ ਹੈ।

كُلُّ مَنْ عَلَیْهَا فَانٍ ﴿26﴾

27. ਕੇਵਲ ਤੁਹਾਡੇ ਜਲਾਲ ਵਾਲੇ ਤੇ ਉੱਚੀਆਂ ਸ਼ਾਨਾਂ ਵਾਲੇ ਰੱਬ ਦੀ ਜ਼ਾਤ ਹੀ ਬਾਕੀ ਰਹੇਗੀ।

وَّ یَبْقٰی وَجْهُ رَبِّكَ ذُو الْجَلٰلِ وَ الْاِكْرَامِ ﴿27﴾

28. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِاَیِّ اٰلَآءِ رَبِّكُمَا تُكَذِّبٰنِ ﴿28﴾

29. ਜਿਹੜਾ ਕੋਈ ਅਕਾਸ਼ ਤੇ ਧਰਤੀ ਵਿਚ (ਪ੍ਰਾਣੀ) ਹੈ, ਉਹ ਉਸੇ ਤੋਂ ਮੰਗਦਾ ਹੈ ਉਹ ਹਰ ਵੇਲੇ ਨਿੱਤ ਨਵੀਂ ਸ਼ਾਨ ਵਿਚ ਹੀ ਹੁੰਦਾ ਹੈ।

یَسْـَٔلُهٗ مَنْ فِی السَّمٰوٰتِ وَ الْاَرْضِ كُلَّ یَوْمٍ هُوَ فِیْ شَاْنٍ ﴿29﴾

30. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِاَیِّ اٰلَآءِ رَبِّكُمَا تُكَذِّبٰنِ ﴿30﴾

31. ਹੇ ਜਿੰਨੋ ਤੇ ਮਨੁੱਖੋ! ਅਸਾਂ ਤੁਹਾਡੇ ਹਿਸਾਬ ਲੈਣ ਲਈ ਛੇਤੀ ਹੀ ਵਿਹਲੇ ਹੋ ਰਹੇ ਹਾਂ।

سَنَفْرُغُ لَكُمْ اَیُّهَ الثَّقَلٰنِ ﴿31﴾

32. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِاَیِّ اٰلَآءِ رَبِّكُمَا تُكَذِّبٰنِ ﴿32﴾

33. ਹੇ ਜਿੰਨੋ ਤੇ ਮਨੁੱਖੋ! ਜੇ ਤੁਸੀਂ ਅਕਾਸ਼ ਤੇ ਧਰਤੀ ਦੀਆਂ ਸਰਹੱਦਾਂ 'ਚੋਂ ਨਿਕਲ ਕੇ ਭੱਜਣ ਦੀ ਹਿੰਮਤ ਰੱਖਦੇ ਹੋ ਤਾਂ ਨਿਕਲ ਜਾਓ। ਬਿਨਾਂ ਸ਼ਕਤੀ ਤੇ ਬਿਨਾਂ (ਰੱਬ ਉੱਤੇ) ਭਾਰੂ ਹੋਏ ਤੁਸੀਂ ਨੱਸ ਨਹੀਂ ਸਕਦੇ।

یٰمَعْشَرَ الْجِنِّ وَ الْاِنْسِ اِنِ اسْتَطَعْتُمْ اَنْ تَنْفُذُوْا مِنْ اَقْطَارِ السَّمٰوٰتِ وَ الْاَرْضِ فَانْفُذُوْا لَا تَنْفُذُوْنَ اِلَّا بِسُلْطٰنٍ ﴿33﴾

34. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِاَیِّ اٰلَآءِ رَبِّكُمَا تُكَذِّبٰنِ ﴿34﴾

35. ਜੇ ਨੱਸਣ ਦੀ ਕੋਸ਼ਿਸ਼ ਕਰੋਗੇ ਤਾਂ ਤੁਹਾਡੇ ਦੋਵਾਂ ਉੱਤੇ ਅੱਗ ਦੀ ਲਾਟ ਤੇ ਧੂੰਆਂ ਛੱਡ ਦਿੱਤਾ ਜਾਵੇਗਾ ਤੁਸੀਂ ਉਸ ਦਾ ਮੁਕਾਬਲਾ ਨਹੀਂ ਕਰ ਸਕੋਗੇ।

یُرْسَلُ عَلَیْكُمَا شُوَاظٌ مِّنْ نَّارٍ ۙ وَّ نُحَاسٌ فَلَا تَنْتَصِرٰنِ ﴿35﴾

فَبِأَيِّ آلَاءِ رَبِّكُمَا تُكَذِّبَانِ ﴿36﴾

36. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَإِذَا انْشَقَّتِ السَّمَاءُ فَكَانَتْ وَرْدَةً كَالدِّهَانِ ﴿37﴾

37. ਫੇਰ ਜਦੋਂ ਅਕਾਸ਼ ਪਾਟ ਜਾਵੇਗਾ ਤਾਂ ਉਹ ਲਾਲ ਚਮੜੇ ਵਾਂਗ ਸੁਰਖ਼ ਹੋ ਜਾਵੇਗਾ।

فَبِأَيِّ آلَاءِ رَبِّكُمَا تُكَذِّبَانِ ﴿38﴾

38. ਫੇਰ ਤੁਸੀਂ ਦੋਵੇਂ ਆਪਣੇ ਪਾਲਣਹਾਰ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَيَوْمَئِذٍ لَا يُسْأَلُ عَنْ ذَنْبِهِ إِنْسٌ وَلَا جَانٌّ ﴿39﴾

39. ਉਸ ਦਿਹਾੜੇ ਕਿਸੇ ਮਨੁੱਖ ਤੇ ਕਿਸੇ ਜਿੰਨ ਤੋਂ ਉਸ ਦੇ ਗੁਨਾਹਾਂ ਦੇ ਸੰਬੰਧ ਵਿਚ ਪੁੱਛਿਆ ਨਹੀਂ ਜਾਵੇਗਾ।

فَبِأَيِّ آلَاءِ رَبِّكُمَا تُكَذِّبَانِ ﴿40﴾

40. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ ਕਿਹੜੀਆਂ ਨਿਆਮਤਾਂ ਝੁਠਲਾਓਗੇ?

يُعْرَفُ الْمُجْرِمُونَ بِسِيمَاهُمْ فَيُؤْخَذُ بِالنَّوَاصِي وَالْأَقْدَامِ ﴿41﴾

41. ਅਪਰਾਧੀ ਆਪਣੇ ਚਿਹਰਿਆਂ ਦੇ ਹਾਓ ਭਾਓ ਤੋਂ ਹੀ ਪਛਾਣ ਲਏ ਜਾਣਗੇ। ਫੇਰ ਉਹਨਾਂ ਨੂੰ ਸਿਰ ਦੇ ਵਾਲਾਂ ਤੇ ਪੈਰਾਂ ਤੋਂ ਫੜ ਕੇ (ਤੇ ਘਸੀਟਦੇ ਹੋਏ) ਨਰਕ ਵਿਚ ਸੁੱਟਿਆ ਜਾਵੇਗਾ।

فَبِأَيِّ آلَاءِ رَبِّكُمَا تُكَذِّبَانِ ﴿42﴾

42. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

هَٰذِهِ جَهَنَّمُ الَّتِي يُكَذِّبُ بِهَا الْمُجْرِمُونَ ﴿43﴾

43. ਆਖਿਆ ਜਾਵੇਗਾ ਕਿ ਇਹੋ ਉਹ ਨਰਕ ਹੈ ਜਿਸ ਨੂੰ ਅਪਰਾਧੀ ਝੁਠਲਾਉਂਦੇ ਸਨ।

يَطُوفُونَ بَيْنَهَا وَبَيْنَ حَمِيمٍ آنٍ ﴿44﴾

44. ਉਹ ਨਰਕ ਤੇ ਖੌਲਦੇ ਹੋਏ ਪਾਣੀ ਦੇ ਵਿਚਾਲੇ ਚੱਕਰ ਲਾਉਣਗੇ।

فَبِأَيِّ آلَاءِ رَبِّكُمَا تُكَذِّبَانِ ﴿45﴾

45. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

وَلِمَنْ خَافَ مَقَامَ رَبِّهِ جَنَّتَانِ ﴿46﴾

46. ਜਿਹੜਾ ਵਿਅਕਤੀ ਆਪਣੇ ਰੱਬ ਦੇ ਸਾਹਮਣੇ (ਅਪਰਾਧੀ ਬਣਕੇ) ਖੜ੍ਹਾ ਹੋਣ ਤੋਂ ਡਰ ਗਿਆ, ਉਸ ਲਈ ਦੋ ਬਾਗ਼ ਹਨ।[1]

---

[1] ਵੇਖੋ ਸੂਰਤ ਅਲ-ਮੋਮਿਨੂਨ, ਹਾਸ਼ੀਆ ਆਇਤ 60/23

47. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ ٤٧

48. ਉਹ ਦੋਵੇਂ ਬਾਗ਼ (ਫਲਾਂ ਦੀਆਂ) ਟਹਿਣੀਆਂ ਨਾਲ ਭਰਪੂਰ ਹਨ।

ذَوَاتَا أَفْنَانٍ ٤٨

49. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ ٤٩

50. ਓਹਨਾਂ ਦੋਵੇਂ ਬਾਗ਼ਾਂ ਵਿਚ ਦੋ ਚਸ਼ਮੇ ਵਗਦੇ ਹਨ।

فِيهِمَا عَيْنَانِ تَجْرِيَانِ ٥٠

51. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ ٥١

52. ਇਹਨਾਂ ਦੋਵੇਂ ਜੰਨਤਾਂ ਵਿਚ ਹਰੇਕ ਫਲ ਦੀਆਂ ਦੋ-ਦੋ ਕਿਸਮਾਂ ਹੋਣਗੀਆਂ।

فِيهِمَا مِن كُلِّ فَاكِهَةٍ زَوْجَانِ ٥٢

53. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ ٥٣

54. ਜੰਨਤੀ ਲੋਕ ਅਜਿਹੇ ਫ਼ਰਸ਼ਾਂ 'ਤੇ ਤਕੀਏ ਲਾਈ ਬੈਠੇ ਹੋਣਗੇ ਜਿਨ੍ਹਾਂ ਦੇ ਅਸਤਰ ਮੋਟੇ ਰੇਸ਼ਮ ਦੇ ਹੋਣਗੇ ਅਤੇ ਉਹਨਾਂ ਦੋਵਾਂ ਬਾਗ਼ਾਂ ਦੇ ਫਲ ਨੇੜੇ ਹੀ (ਹੱਥ ਹੇਠ) ਹੋਣਗੇ।

مُتَّكِئِينَ عَلَىٰ فُرُشٍ بَطَائِنُهَا مِنْ إِسْتَبْرَقٍ ۚ وَجَنَى الْجَنَّتَيْنِ دَانٍ ٥٤

55. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ ٥٥

56. ਇਹਨਾਂ ਜੰਨਤਾਂ ਵਿਚ ਨਜ਼ਰਾਂ ਨੂੰ ਨੀਵੀਆਂ ਰੱਖਣ ਵਾਲੀਆਂ (ਸ਼ਰਮੀਲੀਆਂ) ਹੂਰਾਂ ਹੋਣਗੀਆਂ, ਇਸ ਤੋਂ ਪਹਿਲਾਂ ਉਹਨਾਂ ਨੂੰ ਕਦੇ ਕਿਸੇ ਮਨੁੱਖ ਨੇ ਛੋਹ ਨਾ ਹੀ ਕਿਸੇ ਜਿੰਨ ਨੇ ਛੂਹਿਆ ਹੋਵੇਗਾ।

فِيهِنَّ قَاصِرَاتُ الطَّرْفِ لَمْ يَطْمِثْهُنَّ إِنسٌ قَبْلَهُمْ وَلَا جَانٌّ ٥٦

57. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ ٥٧

58. ਉਹ ਅਜਿਹੀਆਂ ਸੋਹਣੀਆਂ ਹੋਣਗੀਆਂ ਜਿਵੇਂ ਹੀਰੇ ਤੇ ਮੂੰਗੇ।

كَأَنَّهُنَّ الْيَاقُوتُ وَالْمَرْجَانُ ﴿58﴾

59. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਅਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ ﴿59﴾

60. ਅਹਿਸਾਨ ਦਾ ਬਦਲਾ ਤਾਂ ਅਹਿਸਾਨ ਹੀ ਹੈ।

هَلْ جَزَاءُ الْإِحْسَانِ إِلَّا الْإِحْسَانُ ﴿60﴾

61. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਅਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ ﴿61﴾

62. ਇਹਨਾਂ ਦੇ ਬਾਗ਼ਾਂ ਤੋਂ ਛੁੱਟ ਦੋ ਬਾਗ਼ ਹੋਰ ਵੀ ਹਨ।

وَمِنْ دُونِهِمَا جَنَّتَانِ ﴿62﴾

63. ਫੇਰ ਤੁਸੀਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਅਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ ﴿63﴾

64. ਇਹ ਦੋਵੇਂ ਸੰਘਣੇ ਤੇ ਹਰੇ ਭਰੇ ਬਾਗ਼ ਹਨ।

مُدْهَامَّتَانِ ﴿64﴾

65. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਅਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ ﴿65﴾

66. ਇਹਨਾਂ ਵਿਚ ਜੋਸ਼ ਮਾਰਦੇ ਦੋ ਚਸ਼ਮੇ ਹੋਣਗੇ।

فِيهِمَا عَيْنَانِ نَضَّاخَتَانِ ﴿66﴾

67. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਅਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ ﴿67﴾

68. ਉਹਨਾਂ ਦੋਵੇਂ ਬਾਗ਼ਾਂ ਵਿਚ ਸੁਆਦਲੇ ਫਲ ਹੋਣਗੇ, ਖਜੂਰਾਂ ਤੇ ਅਨਾਰ ਵੀ ਹੋਣਗੇ।

فِيهِمَا فَاكِهَةٌ وَنَخْلٌ وَرُمَّانٌ ﴿68﴾

69. ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਅਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ ﴿69﴾

70. ਉਹਨਾਂ ਬਾਗ਼ਾਂ ਵਿਚ ਅਤਿ ਨੇਕ ਤੇ ਅਤਿ ਸੋਹਣੀਆਂ ਇਸਤਰੀਆਂ ਹੋਣਗੀਆਂ।

فِيهِنَّ خَيْرَاتٌ حِسَانٌ ﴿70﴾

71. ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਅਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ ﴿71﴾

72 ਹੂਰਾਂ ਹੋਣਗੀਆਂ ਜਿਹੜੀਆਂ ਸ਼ਾਨਦਾਰ ਤੰਬੂਆਂ (ਭਾਵ ਮਹਿਲਾਂ) ਵਿਚ ਸੁਰੱਖਿਅਤ ਹੋਣਗੀਆਂ।[1]

حُورٌ مَّقْصُورَاتٌ فِي الْخِيَامِ ﴿٧٢﴾

73 ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ ﴿٧٣﴾

74 ਉਹਨਾਂ (ਜੰਨਤੀਆਂ) ਤੋਂ ਪਹਿਲਾਂ ਉਹਨਾਂ ਹੂਰਾਂ ਨੂੰ ਨਾ ਕਿਸੇ ਮਨੁੱਖ ਨੇ ਤੇ ਨਾ ਹੀ ਕਿਸੇ ਜਿੰਨ ਨੇ ਛੂਹਿਆ ਹੋਵੇਗਾ।

لَمْ يَطْمِثْهُنَّ إِنسٌ قَبْلَهُمْ وَلَا جَانٌّ ﴿٧٤﴾

75 ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ ﴿٧٥﴾

76 ਹਰੇ ਰੰਗ ਦੇ ਅਤਿਅੰਤ ਵੱਡਮੁੱਲੇ ਤੇ ਦੁਰਲਭ ਗ਼ਲੀਚਿਆਂ ਉੱਤੇ ਤਕੀਏ ਲਾਈਂ (ਜੰਨਤੀ ਬੈਠੇ) ਹੋਣਗੇ।

مُتَّكِئِينَ عَلَىٰ رَفْرَفٍ خُضْرٍ وَعَبْقَرِيٍّ حِسَانٍ ﴿٧٦﴾

77 ਫੇਰ ਤੁਸੀਂ ਦੋਵੇਂ ਆਪਣੇ ਰੱਬ ਦੀਆਂ ਕਿਹੜੀਆਂ-ਕਿਹੜੀਆਂ ਨਿਆਮਤਾਂ ਝੁਠਲਾਓਗੇ?

فَبِأَيِّ آلَاءِ رَبِّكُمَا تُكَذِّبَانِ ﴿٧٧﴾

78 (ਹੇ ਨਬੀ!) ਤੁਹਾਡੇ ਜਲਾਲ ਵਾਲੇ ਤੇ ਉੱਚੀਆਂ ਸ਼ਾਨਾਂ ਵਾਲੇ ਰੱਬ ਦਾ ਨਾਂ ਬਰਕਤਾਂ ਵਾਲਾ ਹੈ।

تَبَارَكَ اسْمُ رَبِّكَ ذِي الْجَلَالِ وَالْإِكْرَامِ ﴿٧٨﴾

56. ਸੂਰਤ ਅਲ-ਵਾਕਿਆ (ਮੱਕੀ-46)

(ਆਇਤਾਂ 96, ਰੁਕੂਅ 3)

سُورَةُ الْوَاقِعَةِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1 ਜਦ ਵਾਪਰਨ ਵਾਲੀ (ਕਿਆਮਤ) ਵਾਪਰੇਗੀ।

إِذَا وَقَعَتِ الْوَاقِعَةُ ﴿١﴾

2. ਉਸ ਸਮੇਂ ਉਸ ਨੂੰ ਕੋਈ ਵੀ ਝੁਠਲਾਉਣ ਵਾਲਾ ਨਹੀਂ ਹੋਵੇਗਾ।

لَيْسَ لِوَقْعَتِهَا كَاذِبَةٌ ﴿٢﴾

---

[1] ਵੇਖੋ ਸੂਰਤ ਤੂਰ, ਹਾਸ਼ੀਆ ਆਇਤ 20/52

3. ਉਹ ਘਟਨਾ ਹੇਠਲੀ ਉੱਤੇ ਕਰ ਦੇਣ ਵਾਲੀ ਹੋਵੇਗੀ।	خَافِضَةٌ رَّافِعَةٌ ﴿3﴾
4 ਜਦੋਂ ਧਰਤੀ ਹਲੂਣ ਦਿੱਤੀ ਜਾਵੇਗੀ।	إِذَا رُجَّتِ الْأَرْضُ رَجًّا ﴿4﴾
5 ਪਹਾੜ ਚੂਰਾ-ਚੂਰਾ ਕਰ ਦਿੱਤੇ ਜਾਣਗੇ।	وَبُسَّتِ الْجِبَالُ بَسًّا ﴿5﴾
6. ਫੇਰ ਉਹ ਪਹਾੜ ਖਿਲਰੀ ਧੂੜ ਵਾਂਗ ਹੋ ਜਾਣਗੇ।	فَكَانَتْ هَبَاءً مُّنبَثًّا ﴿6﴾
7 ਤੁਸੀਂ ਲੋਕ ਤਿੰਨ ਟੋਲੀਆਂ ਵਿਚ ਹੋ ਜਾਓਗੇ।	وَكُنتُمْ أَزْوَاجًا ثَلَاثَةً ﴿7﴾
8. (ਇਕ ਹਨ) ਸੱਜੇ ਹੱਥ ਵਾਲੇ, ਸੱਜੇ ਹੱਥ ਵਾਲਿਆਂ ਦਾ ਕੀ ਕਹਿਣਾ।	فَأَصْحَابُ الْمَيْمَنَةِ مَا أَصْحَابُ الْمَيْمَنَةِ ﴿8﴾
9 (ਦੂਜੇ ਹਨ) ਖੱਬੇ ਹੱਥ ਵਾਲੇ, ਕਿੰਨੇ ਮੰਦਭਾਗੀ ਹਨ ਖੱਬੇ ਹੱਥ ਵਾਲੇ।	وَأَصْحَابُ الْمَشْأَمَةِ مَا أَصْحَابُ الْمَشْأَمَةِ ﴿9﴾
10. (ਤੀਜੇ ਹਨ) ਅੱਗੇ ਰਹਿਣ ਵਾਲੇ ਤਾਂ ਅੱਗੇ ਹੀ ਰਹਿਣ ਵਾਲੇ ਹਨ।	وَالسَّابِقُونَ السَّابِقُونَ ﴿10﴾
11. ਇਹੋ ਲੋਕ (ਰੱਬ ਦੇ) ਨਿਕਟਵਰਤੀ ਹਨ।	أُولَٰئِكَ الْمُقَرَّبُونَ ﴿11﴾
12. ਇਹਨਾਂ ਲਈ ਨਿਆਮਤਾਂ ਭਰੇ ਬਾਗ਼ (ਜੰਨਤਾਂ) ਹਨ।	فِي جَنَّاتِ النَّعِيمِ ﴿12﴾
13. (ਇਹਨਾਂ ਵਿਚ) ਇਕ ਵੱਡਾ ਜੱਥਾ ਪਹਿਲਿਆਂ (ਭਾਵ ਸਹਾਬਾਂ) ਵਿੱਚੋਂ ਹੋਵੇਗਾ।	ثُلَّةٌ مِّنَ الْأَوَّلِينَ ﴿13﴾
14. ਅਤੇ ਥੋੜ੍ਹੇ ਲੋਕ ਪਿਛਲਿਆਂ ਵਿੱਚੋਂ ਹੋਣਗੇ।	وَقَلِيلٌ مِّنَ الْآخِرِينَ ﴿14﴾
15. ਉਹ ਲੋਕ ਸੋਨੇ ਦੀਆਂ ਤਾਰਾਂ ਨਾਲ ਸਜੇ ਤਖ਼ਤਾਂ ਉੱਤੇ ਬੈਠੇ ਹੋਣਗੇ।	عَلَىٰ سُرُرٍ مَّوْضُونَةٍ ﴿15﴾
16. ਉਹ ਇਕ ਦੂਜੇ ਦੇ ਆਹਮਣੇ ਸਾਹਮਣੇ ਢਾਸੀਏ ਲਾਈ ਬੈਠੇ ਹੋਣਗੇ।	مُّتَّكِئِينَ عَلَيْهَا مُتَقَابِلِينَ ﴿16﴾

17. ਉਹਨਾਂ ਦੀ ਸੇਵਾ ਲਈ ਸਦੀਵੀ ਅਵਸਥਾ ਵਿਚ ਰਹਿਣ ਵਾਲੇ ਮੁੰਡੇ ਹੋਣਗੇ।

يَطُوفُ عَلَيْهِمْ وِلْدَانٌ مُّخَلَّدُونَ ﴿١٧﴾

18. ਅਤੇ ਇਹ ਮੁੰਡੇ ਪਿਆਲੇ, ਤੇ ਸੁਰਾਹੀਆਂ ਤੇ ਸ਼ਰਾਬ ਦੇ ਵਗਦੇ ਸੋਮੇ ਦੀ ਸ਼ਰਾਬ ਨਾਲ ਡਕੋ-ਡਕ ਭਰੇ ਜਾਮ ਚੁੱਕੀ ਭੱਜੇ ਨੱਠੇ ਫਿਰਦੇ ਹੋਣਗੇ।

بِأَكْوَابٍ وَأَبَارِيقَ ۙ وَكَأْسٍ مِّن مَّعِينٍ ﴿١٨﴾

19. ਇਹ ਸ਼ਰਾਬ ਪੀਣ ਨਾਲ ਨਾ ਤਾਂ ਉਹਨਾਂ ਦੇ ਸਿਰਾਂ ਵਿਚ ਦਰਦ ਹੋਵੇਗਾ ਅਤੇ ਨਾ ਹੀ ਉਹਨਾਂ ਦੀ ਅਕਲ ਮਾਰੀ ਜਾਵੇਗੀ।

لَّا يُصَدَّعُونَ عَنْهَا وَلَا يُنزِفُونَ ﴿١٩﴾

20. ਉਹਨਾਂ ਕੋਲ ਅਜਿਹੇ ਸੁਆਦਲੇ ਫਲ ਹੋਣਗੇ ਜਿਨ੍ਹਾਂ ਨੂੰ ਉਹ ਪਸੰਦ ਕਰਨਗੇ।

وَفَاكِهَةٍ مِّمَّا يَتَخَيَّرُونَ ﴿٢٠﴾

21 ਅਤੇ ਉਹਨਾਂ ਦੀ ਇੱਛਾ ਅਨੁਸਾਰ ਪੰਛੀਆਂ ਦਾ ਗੋਸ਼ਤ (ਮਾਸ) ਹੋਵੇਗਾ।

وَلَحْمِ طَيْرٍ مِّمَّا يَشْتَهُونَ ﴿٢١﴾

22 ਉਹਨਾਂ ਲਈ ਵੱਡੀਆਂ-ਵੱਡੀਆਂ ਸੋਹਣੀਆਂ ਅੱਖਾਂ ਵਾਲੀਆਂ ਹੂਰਾਂ ਹੋਣਗੀਆਂ।

وَحُورٌ عِينٌ ﴿٢٢﴾

23 ਜਿਵੇਂ ਗ਼ਲਾਫ਼ਾਂ ਵਿਚ ਸੁਰੱਖਿਅਤ ਰੱਖੇ ਮੋਤੀ।

كَأَمْثَالِ اللُّؤْلُؤِ الْمَكْنُونِ ﴿٢٣﴾

24. ਇਹ ਉਹਨਾਂ ਦੇ ਕਰਮਾਂ ਦਾ ਬਦਲਾ ਹੈ।

جَزَاءً بِمَا كَانُوا يَعْمَلُونَ ﴿٢٤﴾

25 ਉਹ ਜੰਨਤ ਵਿਚ ਨਾ ਕੋਈ ਬੇਕਾਰ ਗੱਲਾਂ ਸੁਣਨਗੇ ਨਾ ਹੀ ਗੁਨਾਹ ਦੀ ਗੱਲ ਸੁਣਨਗੇ।

لَا يَسْمَعُونَ فِيهَا لَغْوًا وَلَا تَأْثِيمًا ﴿٢٥﴾

26. ਹਾਂ ਇਕ ਬੋਲ ਸਲਾਮ, ਸਲਾਮ (ਬੋਲਿਆ ਜਾਵੇਗਾ)।

إِلَّا قِيلًا سَلَامًا سَلَامًا ﴿٢٦﴾

27. ਸੱਜੇ ਹੱਥ ਵਾਲੇ ਕਿੰਨੇ ਭਾਗਾਂ ਵਾਲੇ ਹਨ ਸੱਜੇ ਹੱਥ ਵਾਲੇ।

وَأَصْحَابُ الْيَمِينِ مَا أَصْحَابُ الْيَمِينِ ﴿٢٧﴾

28. ਉਹ ਬਿਨਾਂ ਕੰਡਿਆਂ ਦੀਆਂ ਬੇਰੀਆਂ ਵਿਚ ਹੋਣਗੇ।

فِي سِدْرٍ مَّخْضُودٍ ﴿٢٨﴾

29 ਅਤੇ ਤਹਿ-ਪਰ-ਤਹਿ ਚੜ੍ਹੇ ਹੋਏ ਕੇਲਿਆਂ ਵਿਚ ਹੋਣਗੇ।

وَطَلْحٍ مَّنضُودٍ ﴿٢٩﴾

30 ਦੂਰ ਤਕ ਫੈਲੀਆਂ ਲੰਮੀਆਂ ਲੰਮੀਆਂ ਛਾਵਾਂ ਹੇਠ ਹੋਣਗੇ।

وَّظِلٍّ مَّمْدُوْدٍ 30

31 (ਉੱਥੇ) ਹਰ ਵੇਲੇ ਵਗਦੀਆਂ ਨਹਿਰਾਂ ਹੋਣਗੀਆਂ।

وَّمَآءٍ مَّسْكُوْبٍ 31

32. ਅਣਗਿਣਤ ਫਲ ਹੋਣਗੇ।

وَّفَاكِهَةٍ كَثِيْرَةٍ 32

33 ਜਿਹੜੇ ਨਾ ਕਦੇ ਮੁੱਕਣਗੇ ਅਤੇ ਨਾ ਹੀ ਖਾਣ ਦੀ ਮਨਾਹੀ ਹੋਵੇਗੀ।

لَّا مَقْطُوْعَةٍ وَّلَا مَمْنُوْعَةٍ 33

34 (ਬੈਠਣ ਲਈ) ਉੱਚੀਆਂ ਥਾਵਾਂ ਹੋਣਗੀਆਂ।

وَّفُرُشٍ مَّرْفُوْعَةٍ 34

35 ਉਹਨਾਂ (ਸੱਜੇ ਹੱਥ ਵਾਲਿਆਂ) ਦੀਆਂ ਪਤਨੀਆਂ ਨੂੰ ਅਸੀਂ ਵਿਸ਼ੇਸ਼ ਤਰੀਕੇ ਨਾਲ ਪੈਦਾ ਕਰਾਂਗੇ।

اِنَّآ اَنْشَاْنٰهُنَّ اِنْشَآءً 35

36 ਅਸੀਂ ਉਹਨਾਂ ਨੂੰ ਕੁਆਰੀਆਂ ਬਣਾ ਦਿਆਂਗੇ।

فَجَعَلْنٰهُنَّ اَبْكَارًا 36

37. ਜਿਹੜੀਆਂ ਮਨ ਮੁਹਣੀਆਂ ਅਤੇ (ਪਤੀ ਦੀਆਂ) ਹਾਣਨਾਂ ਹੋਣਗੀਆਂ।

عُرُبًا اَتْرَابًا 37

38 ਇਹ ਸਭ ਕੁੱਝ ਸੱਜੇ ਹੱਥ ਵਾਲਿਆਂ ਲਈ ਹੈ।

لِّاَصْحٰبِ الْيَمِيْنِ 38

39. ਇਹਨਾਂ ਦੀ ਵੱਡੀ ਗਿਣਤੀ ਪਹਿਲਿਆਂ (ਭਾਵ ਨਬੀ ਦੇ ਸਾਥੀਆਂ) ਵਿੱਚੋਂ ਹੀ ਹੈ।

ثُلَّةٌ مِّنَ الْاَوَّلِيْنَ 39

40 ਅਤੇ ਪਿਛਲਿਆਂ ਵਿੱਚੋਂ ਵੀ ਇਕ ਵੱਡੀ ਗਿਣਤੀ ਹੋਵੇਗੀ।

وَثُلَّةٌ مِّنَ الْاٰخِرِيْنَ 40

41. ਅਤੇ ਖੱਬੇ ਹੱਥ ਵਾਲੇ। ਕਿੰਨੇ ਮੰਦਭਾਗੇ ਹਨ ਖੱਬੇ ਹੱਥ ਵਾਲੇ।

وَاَصْحٰبُ الشِّمَالِ ۙ مَآ اَصْحٰبُ الشِّمَالِ 41

42. ਉਹ ਸਖ਼ਤ ਗਰਮ ਹਵਾ ਅਤੇ ਉੱਬਲਦੇ ਹੋਏ ਪਾਣੀ ਵਿਚ ਹੋਣਗੇ।

فِيْ سَمُوْمٍ وَّحَمِيْمٍ 42

43. ਅਤੇ ਕਾਲੇ ਧੂੰਏਂ ਦੀ ਛਾਂ ਵਿਚ ਹੋਣਗੇ।

وَّظِلٍّ مِّنْ يَّحْمُوْمٍ 43

44. ਨਾ ਉਹ ਠੰਡੀ ਹੋਵੇਗੀ ਤੇ ਨਾ ਹੀ ਸੁੱਖਦਾਈ ਹੋਵੇਗੀ।

لَّا بَارِدٍ وَّلَا كَرِيْمٍ 44

45. ਇਹ ਲੋਕ ਇਸ (ਕਿਆਮਤ ਦੇ ਵਾਪਰਣ ਤੋਂ ਪਹਿਲਾਂ) ਵੱਡੇ ਨਖਰਿਆਂ ਵਿਚ ਪਲੇ ਸਨ।

إِنَّهُمْ كَانُوا قَبْلَ ذَٰلِكَ مُتْرَفِينَ (45)

46. ਉਹ ਮਹਾ ਪਾਪ (ਭਾਵ ਸ਼ਿਰਕ) ਉੱਤੇ ਅੜਿਆ ਕਰਦੇ ਸਨ।[1]

وَكَانُوا يُصِرُّونَ عَلَى الْحِنثِ الْعَظِيمِ (46)

47. ਉਹ ਆਖਦੇ ਸਨ ਕਿ ਜਦੋਂ ਅਸੀਂ ਮਰ ਜਾਵਾਂਗੇ ਅਤੇ ਮਿੱਟੀ ਤੇ ਹੱਡੀਆਂ ਬਣ ਜਾਵਾਂਗੇ ਤਾਂ ਕੀ ਅਸੀਂ ਮੁੜ ਸੁਰਜੀਤ ਕੀਤੇ ਜਾਵਾਂਗੇ?

وَكَانُوا يَقُولُونَ أَئِذَا مِتْنَا وَكُنَّا تُرَابًا
وَعِظَامًا أَإِنَّا لَمَبْعُوثُونَ (47)

48. ਅਤੇ ਕੀ ਸਾਡੇ ਪਿਓ ਦਾਦਿਆਂ ਨੂੰ ਵੀ ਉਠਾਇਆ ਜਾਵੇਗਾ?

أَوَآبَاؤُنَا الْأَوَّلُونَ (48)

49. (ਹੇ ਨਬੀ!) ਤੁਸੀਂ ਆਖ ਦਿਓ ਨਿਰਸੰਦੇਹ, ਪਹਿਲਾਂ ਵੀ ਅਤੇ ਪਿਛਲੇ ਵੀ (ਭਾਵ ਸਾਰੇ ਉਠਾਏ ਜਾਣਗੇ)।

قُلْ إِنَّ الْأَوَّلِينَ وَالْآخِرِينَ (49)

50. ਬੇਸ਼ੱਕ ਇਹਨਾਂ ਸਭ ਨੂੰ ਇਕ ਨਿਸ਼ਚਿਤ ਦਿਹਾੜੇ ਇੱਕਠਾ ਕੀਤਾ ਜਾਵੇਗਾ।

لَمَجْمُوعُونَ إِلَىٰ مِيقَاتِ يَوْمٍ مَّعْلُومٍ (50)

51. ਹੇ ਕੁਰਾਹੀਓ ਅਤੇ ਇਨਕਾਰੀਓ।

ثُمَّ إِنَّكُمْ أَيُّهَا الضَّالُّونَ الْمُكَذِّبُونَ (51)

52. ਤੁਸੀਂ ਲੋਕ ਥੋਹਰ ਦੇ ਰੁੱਖ ਅਵੱਸ਼ ਖਾਓਗੇ।

لَآكِلُونَ مِن شَجَرٍ مِّن زَقُّومٍ (52)

53. (ਤੁਸੀਂ) ਇਸ ਨਾਲ ਹੀ ਆਪਣਾ ਢਿੱਡ ਭਰੋਗੇ।

فَمَالِئُونَ مِنْهَا الْبُطُونَ (53)

54. ਇਸ ਦੇ ਉੱਤੋਂ ਗਰਮ ਉੱਬਲਦਾ ਹੋਇਆ ਪਾਣੀ ਪਿਓਗੇ।

فَشَارِبُونَ عَلَيْهِ مِنَ الْحَمِيمِ (54)

55. ਤੁਸੀਂ ਪਿਆਸੇ ਊਠ ਵਾਂਗ ਪਾਣੀ ਪਿਓਗੇ।

فَشَارِبُونَ شُرْبَ الْهِيمِ (55)

56. ਕਿਆਮਤ ਦਿਹਾੜੇ ਇਹੋ ਇਹਨਾਂ (ਖੱਬੇ ਹੱਥ ਵਾਲਿਆਂ) ਦੀ ਮਹਿਮਾਨਦਾਰੀ ਹੋਵੇਗੀ।

هَٰذَا نُزُلُهُمْ يَوْمَ الدِّينِ (56)

57. (ਹੇ ਇਨਕਾਰੀਓ!) ਅਸਾਂ ਹੀ ਤੁਹਾਨੂੰ ਸਭ ਨੂੰ ਪੈਦਾ ਕੀਤਾ ਹੈ। ਫੇਰ ਤੁਸੀਂ (ਮੁੜ ਜੀ ਉੱਠਣ ਦੀ) ਪੁਸ਼ਟੀ ਕਿਉਂ ਨਹੀਂ ਕਰਦੇ।

نَحْنُ خَلَقْنَاكُمْ فَلَوْلَا تُصَدِّقُونَ (57)

---

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 130/3

58. ਭਲਾਂ ਦੱਸੋ ਜਿਹੜਾ ਵੀਰਜ ਤੁਸੀਂ ਟਪਕਾਉਂਦੇ ਹੋ?	أَفَرَءَيْتُم مَّا تُمْنُونَ ﴿58﴾
59. ਕੀ ਉਸ ਵੀਰਜ ਤੋਂ ਬੱਚਾ ਤੁਸੀਂ ਪੈਦਾ ਕਰਦੇ ਹੋ ਜਾਂ ਅਸੀਂ ਉਸ ਦੇ ਰਚਨਹਾਰ ਹਾਂ?	ءَأَنتُمْ تَخْلُقُونَهُۥٓ أَمْ نَحْنُ ٱلْخَٰلِقُونَ ﴿59﴾
60. ਅਸੀਂ ਹੀ ਤੁਹਾਡੇ ਮੁਕੱਦਰ ਵਿਚ ਮੌਤ ਲਿਖੀ ਹੈ ਅਤੇ ਅਸੀਂ ਇਸ ਕਰਨ ਵਿਚ ਬੇਵਸ ਨਹੀਂ।	نَحْنُ قَدَّرْنَا بَيْنَكُمُ ٱلْمَوْتَ وَمَا نَحْنُ بِمَسْبُوقِينَ ﴿60﴾
61. ਸਗੋਂ ਇਸ ਗੱਲ ਦੀ ਸਮਰਥਾ ਰੱਖਦੇ ਹਾਂ ਕਿ ਤੁਹਾਡੇ ਵਰਗੀ ਹੋਰ ਮਖ਼ਲੂਕ ਲੈ ਆਈਏ ਅਤੇ ਤੁਹਾਨੂੰ ਅਜਿਹਾ ਰੂਪ ਦੇ ਦਈਏ ਜਿਸ ਨੂੰ ਤੁਸੀਂ ਨਹੀਂ ਜਾਣਦੇ।	عَلَىٰٓ أَن نُّبَدِّلَ أَمْثَٰلَكُمْ وَنُنشِئَكُمْ فِى مَا لَا تَعْلَمُونَ ﴿61﴾
62 ਤੁਸੀਂ ਆਪਣੇ ਪਹਿਲੇ ਜਨਮ ਤੋਂ ਤਾਂ ਜਾਣੂ ਹੀ ਹੋ, ਤੁਸੀਂ ਨਸੀਹਤ ਗ੍ਰਹਿਣ ਕਿਉਂ ਨਹੀਂ ਕਰਦੇ?	وَلَقَدْ عَلِمْتُمُ ٱلنَّشْأَةَ ٱلْأُولَىٰ فَلَوْلَا تَذَكَّرُونَ ﴿62﴾
63. ਜ਼ਰਾ ਇਹ ਦੱਸ ਕਿ ਜੋ ਤੁਸੀਂ ਬੀਜਦੇ ਹੋ।	أَفَرَءَيْتُم مَّا تَحْرُثُونَ ﴿63﴾
64. ਕੀ ਉਸ ਨੂੰ ਤੁਸੀਂ ਉਗਾਉਂਦੇ ਹੋ ਜਾਂ ਉਗਾਉਣ ਵਾਲੇ ਅਸੀਂ ਹਾਂ?	ءَأَنتُمْ تَزْرَعُونَهُۥٓ أَمْ نَحْنُ ٱلزَّٰرِعُونَ ﴿64﴾
65. ਜੇ ਅਸੀਂ ਚਾਹੀਏ ਤਾਂ ਇਸ (ਫ਼ਸਲ) ਨੂੰ ਚੂਰਾ-ਚੂਰਾ ਕਰ ਕੇ ਰੱਖ ਦਈਏ ਫੇਰ ਤੁਸੀਂ ਹੈਰਾਨੀ ਨਾਲ ਗੱਲਾਂ ਕਰਦੇ ਰਹਿ ਜਾਓਗੇ।	لَوْ نَشَآءُ لَجَعَلْنَٰهُ حُطَٰمًا فَظَلْتُمْ تَفَكَّهُونَ ﴿65﴾
66. ਤੁਸੀਂ ਆਖੋਗੇ ਕਿ ਸਾਡੇ ਉੱਤੇ ਤਾਂ ਪੁੱਠੀ ਚੱਟੀ ਪੈ ਗਈ।	إِنَّا لَمُغْرَمُونَ ﴿66﴾
67. (ਨਹੀਂ) ਸਗੋਂ ਇਹ ਵੀ ਆਖੋਗੇ ਕਿ ਸਾਡੇ ਤਾਂ ਭਾਗ ਹੀ ਫੁੱਟੇ ਹੋਏ ਸਨ।	بَلْ نَحْنُ مَحْرُومُونَ ﴿67﴾
68. ਭਲਾਂ ਇਹ ਦੱਸੋ ਕਿ ਇਹ ਪਾਣੀ ਜਿਹੜਾ ਤੁਸੀਂ ਪੀਂਦੇ ਹੋ।	أَفَرَءَيْتُمُ ٱلْمَآءَ ٱلَّذِى تَشْرَبُونَ ﴿68﴾
69. ਕੀ ਇਸ (ਪਾਣੀ) ਨੂੰ ਬੱਦਲਾਂ ਤੋਂ ਤੁਸੀਂ ਉਤਾਰਿਆ ਹੈ ਜਾਂ ਉਸ ਨੂੰ ਉਤਾਰਨ ਵਾਲੇ ਅਸੀਂ ਹਾਂ।	ءَأَنتُمْ أَنزَلْتُمُوهُ مِنَ ٱلْمُزْنِ أَمْ نَحْنُ ٱلْمُنزِلُونَ ﴿69﴾

70. ਜੇ ਅਸੀਂ ਚਾਹੀਏ ਤਾਂ ਇਸ (ਪਾਣੀ) ਨੂੰ ਖਾਰਾ ਬਣਾ ਦੇਈਏ। ਫੇਰ ਵੀ ਤੁਸੀਂ ਸ਼ੁਕਰ ਅਦਾ ਕਿਉਂ ਨਹੀਂ ਕਰਦੇ?

لَوْ نَشَاءُ جَعَلْنَاهُ أُجَاجًا فَلَوْلَا تَشْكُرُونَ ٧٠

71. ਭਲਾ ਇਹ ਦੱਸੋ ਕਿ ਜਿਹੜੀ ਅੱਗ ਤੁਸੀਂ ਸੁਲਗਾਉਂਦੇ ਹੋ।

أَفَرَأَيْتُمُ النَّارَ الَّتِي تُورُونَ ٧١

72. ਕੀ ਉਸ ਦਾ ਰੁੱਖ ਤੁਸੀਂ ਪੈਦਾ ਕੀਤਾ ਹੈ ਜਾਂ ਅਸੀਂ ਪੈਦਾ ਕਰਨ ਵਾਲੇ ਹਾਂ?

أَأَنْتُمْ أَنْشَأْتُمْ شَجَرَتَهَا أَمْ نَحْنُ الْمُنْشِئُونَ ٧٢

73. ਅਸੀਂ ਹੀ ਉਸ ਅੱਗ ਨੂੰ ਯਾਦ ਦੁਆਉਣ ਦਾ ਸਾਧਨ ਬਣਾਇਆ ਹੈ ਅਤੇ ਸਾਫ਼ਰੀਆਂ ਲਈ ਲਾਭਦਾਇਕ ਬਣਾਇਆ ਹੈ।

نَحْنُ جَعَلْنَاهَا تَذْكِرَةً وَمَتَاعًا لِلْمُقْوِينَ ٧٣

74. ਸੋ (ਹੇ ਨਬੀ!) ਤੁਸੀਂ ਆਪਣੇ ਰੱਬ ਦੇ ਨਾਂ ਦਾ ਸਿਮਰਨ ਕਰੋ, ਜਿਹੜਾ ਸਭ ਤੋਂ ਵੱਡਾ ਹੈ।

فَسَبِّحْ بِاسْمِ رَبِّكَ الْعَظِيمِ ٧٤

75. ਮੈਂ ਤਾਰਿਆਂ ਦੇ ਡਿਗਣ ਦੀ ਸੌਂਹ ਖਾਂਦਾ ਹਾਂ।

فَلَا أُقْسِمُ بِمَوَاقِعِ النُّجُومِ ٧٥

76. ਜੇ ਤੁਹਾਨੂੰ ਪਤਾ ਹੋਵੇ ਤਾਂ ਇਹ ਬਹੁਤ ਵੱਡੀ ਸੌਂਹ ਹੈ।

وَإِنَّهُ لَقَسَمٌ لَوْ تَعْلَمُونَ عَظِيمٌ ٧٦

77. ਬੇਸ਼ੱਕ ਇਹ ਕੁਰਆਨ ਅਤਿਅੰਤ ਸਤਿਕਾਰਯੋਗ ਤੇ ਆਦਰਮਾਨ ਵਾਲਾ ਹੈ।

إِنَّهُ لَقُرْآنٌ كَرِيمٌ ٧٧

78. ਇਕ ਸੁਰੱਖਿਅਤ ਕਿਤਾਬ (ਲੌਹੇ-ਮਹਫ਼ੂਜ਼) ਵਿਚ ਦਰਜ ਹੈ।

فِي كِتَابٍ مَكْنُونٍ ٧٨

79. ਇਸ ਕਿਤਾਬ (ਕੁਰਆਨ) ਨੂੰ ਪਾਕ ਪਵਿੱਤਰ ਫ਼ਰਿਸ਼ਤੇ ਹੀ ਛੂਹਦੇ ਹਨ।

لَا يَمَسُّهُ إِلَّا الْمُطَهَّرُونَ ٧٩

80. ਇਹ (ਕੁਰਆਨ) ਸਾਰੇ ਜਹਾਨਾਂ ਦੇ ਪਾਲਣਹਾਰ ਵੱਲੋਂ ਉਤਾਰਿਆ ਗਿਆ ਹੈ।

تَنْزِيلٌ مِنْ رَبِّ الْعَالَمِينَ ٨٠

81. ਕੀ ਤੁਸੀਂ ਫੇਰ ਵੀ ਇਸ ਬਾਣੀ ਤੋਂ ਬੇਪਰਵਾਹੀ ਕਰਦੇ ਹੋ?

أَفَبِهَٰذَا الْحَدِيثِ أَنْتُمْ مُدْهِنُونَ ٨١

82. ਤੁਸੀਂ ਇਸ ਨਿਆਮਤ (ਭਾਵ ਕੁਰਆਨ) ਵਿਚ ਆਪਣਾ ਹਿੱਸਾ ਇਹੋ ਰੱਖਦੇ ਹੋ ਕਿ ਤੁਸੀਂ ਇਸ ਦਾ ਇਨਕਾਰ ਕਰਦੇ ਹੋ।

وَتَجْعَلُونَ رِزْقَكُمْ أَنَّكُمْ تُكَذِّبُونَ ٨٢

83. ਫੇਰ ਤੁਸੀਂ ਕਿਉਂ ਨਹੀਂ ਆਪਣੀ ਰੂਹ ਨੂੰ ਰੋਕ ਲੈਂਦੇ ਜਦੋਂ ਉਹ ਸੰਘ ਤਕ ਪੁੱਜ ਜਾਂਦੀ ਹੈ।

فَلَوْلَآ إِذَا بَلَغَتِ ٱلْحُلْقُومَ ﴿٨٣﴾

84. ਤੁਸੀਂ ਉਸ ਵੇਲੇ ਵੇਖ ਰਹੇ ਹੁੰਦੇ ਹੋ।

وَأَنتُمْ حِينَئِذٍ تَنظُرُونَ ﴿٨٤﴾

85. ਅਸੀਂ ਤੁਹਾਥੋਂ ਕਿਤੇ ਵੱਧ ਉਸ ਰੂਹ ਦੇ ਨੇੜੇ ਹੁੰਦੇ ਹਾਂ, ਪਰ ਤੁਹਾਨੂੰ ਦਿਸਦੇ ਨਹੀਂ।

وَنَحْنُ أَقْرَبُ إِلَيْهِ مِنكُمْ وَلَٰكِن لَّا تُبْصِرُونَ ﴿٨٥﴾

86. ਜੇ ਤੁਸੀਂ ਕਿਸੇ ਦੇ ਅਧੀਨ ਨਹੀਂ।

فَلَوْلَآ إِن كُنتُمْ غَيْرَ مَدِينِينَ ﴿٨٦﴾

87. ਤੁਸੀਂ ਉਸ (ਰੂਹ) ਨੂੰ ਮੋੜ ਲਿਆਉਂਦੇ, ਜੇ ਤੁਸੀਂ ਸੱਚੇ ਹੋ?

تَرْجِعُونَهَآ إِن كُنتُمْ صَٰدِقِينَ ﴿٨٧﴾

88. ਜੇ ਉਹ (ਮਰਨ ਵਾਲਾ ਅੱਲਾਹ ਦੇ) ਨਿਕਟਵਰਤੀਆਂ ਵਿੱਚੋਂ ਹੋਵੇ।

فَأَمَّآ إِن كَانَ مِنَ ٱلْمُقَرَّبِينَ ﴿٨٨﴾

89. ਫੇਰ ਤਾਂ (ਉਸ ਦੇ ਲਈ) ਸੁਖ-ਸੁਵਿਧਾ, ਸੁਗੰਧੀ ਅਤੇ ਨਿਆਮਤਾਂ ਵਾਲੇ ਬਾਗ਼ ਹਨ।

فَرَوْحٌ وَرَيْحَانٌ وَجَنَّتُ نَعِيمٍ ﴿٨٩﴾

90. ਜੇ ਉਹ (ਮਰਨ ਵਾਲਾ) ਸੱਜੇ ਹੱਥ ਵਾਲਿਆਂ ਵਿੱਚੋਂ ਹੋਇਆ।

وَأَمَّآ إِن كَانَ مِنْ أَصْحَٰبِ ٱلْيَمِينِ ﴿٩٠﴾

91. ਤਾਂ ਉਸ ਨੂੰ ਆਖਿਆ ਜਾਵੇਗਾ ਕਿ ਤੇਰੇ ਲਈ ਸਲਾਮਤੀ ਹੀ ਸਲਾਮਤੀ ਹੈ, ਬੇਸ਼ੱਕ ਤੂੰ ਸੱਜੇ ਹੱਥ ਵਾਲਿਆਂ ਵਿੱਚੋਂ ਹੈਂ।

فَسَلَٰمٌ لَّكَ مِنْ أَصْحَٰبِ ٱلْيَمِينِ ﴿٩١﴾

92. ਪਰ ਜੇ ਉਹ ਇਨਕਾਰ ਕਰਨ ਵਾਲਾ ਕੁਰਾਹੇ ਪਏ ਲੋਕਾਂ ਵਿੱਚੋਂ ਹੋਇਆ।

وَأَمَّآ إِن كَانَ مِنَ ٱلْمُكَذِّبِينَ ٱلضَّآلِّينَ ﴿٩٢﴾

93. ਤਾਂ ਉਸ ਦੀ ਸੇਵਾ ਉੱਬਲਦੇ ਹੋਏ ਪਾਣੀ ਹੋਵੇਗਾ।

فَنُزُلٌ مِّنْ حَمِيمٍ ﴿٩٣﴾

94. ਅਤੇ ਉਸ ਨੂੰ ਨਰਕ ਵਿਚ ਹੀ ਜਾਣਾ ਹੈ।

وَتَصْلِيَةُ جَحِيمٍ ﴿٩٤﴾

95. ਨਿਰਸੰਦੇਹ, ਇਹ ਸਾਰਾ ਕੁੱਝ ਹੋਣਾ ਅਟੱਲ ਹੈ।

إِنَّ هَٰذَا لَهُوَ حَقُّ ٱلْيَقِينِ ﴿٩٥﴾

96. ਸੋ (ਹੇ ਨਬੀ!) ਤੁਸੀਂ ਅਤਿਅੰਤ ਮਹਾਨ ਰੱਬ ਦੇ ਨਾਂ ਦੀ ਤਸਬੀਹ ਕਰੋ।

فَسَبِّحْ بِٱسْمِ رَبِّكَ ٱلْعَظِيمِ ﴿٩٦﴾

57. ਸੂਰਤ ਅਲ-ਹਦੀਦ (ਮਦਨੀ-94)

(ਆਇਤਾਂ 29, ਰੁਕੂਅ 4)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹੀਮ ਫ਼ਰਮਾਉਣ ਵਾਲਾ ਹੈ।

1. ਅਕਾਸ਼ਾਂ ਤੇ ਧਰਤੀ ਵਿਚ ਜਿਹੜੀ ਵੀ ਚੀਜ਼ ਹੈ, ਉਹ ਅੱਲਾਹ ਦੀ ਤਸਬੀਹ ਕਰਦੀ ਹੈ। ਉਹੀਓ ਅਤਿਅੰਤ ਜ਼ੋਰਾਵਰ ਅਤੇ ਯੁਕਤੀਮਾਨ ਹੈ।

2. ਅਕਾਸ਼ਾਂ ਤੇ ਧਰਤੀ ਦਾ ਪਾਤਸ਼ਾਹੀ ਉਸੇ ਲਈ ਹੈ, ਉਹੀਓ ਜਿਊਂਦਾ ਕਰਦਾ ਹੈ, ਉਹੀਓ ਮੌਤ ਦਿੰਦਾ ਹੈ ਅਤੇ ਉਹੀਓ ਹਰ ਕੰਮ ਕਰਨ ਦੀ ਸਮਰਥਾ ਰਖਦਾ ਹੈ।

3. ਉਹੀਓ (ਸ੍ਰਿਸ਼ਟੀ ਦਾ) ਆਰੰਭ ਹੈ ਅਤੇ ਉਹੀਓ ਅੰਤ ਹੈ। ਉਹੀਓ ਪ੍ਰਗਟ ਹੈ ਤੇ ਗੁਪਤ ਵੀ ਉਹੀਓ ਹੀ ਹੈ ਅਤੇ ਉਹ ਹਰ ਚੀਜ਼ ਦਾ ਜਾਣਨਹਾਰ ਹੈ।

4 ਉਹੀ ਹੈ ਜਿਸ ਨੇ ਅਕਾਸ਼ਾਂ ਤੇ ਧਰਤੀ ਨੂੰ ਛੇ ਦਿਨਾਂ ਵਿਚ ਸਾਜਿਆ, ਫੇਰ ਅਰਸ਼ (ਰਾਜ ਸਿੰਘਾਸਨ) ਉੱਤੇ ਜਾ ਬੈਠਿਆ। ਉਹ ਜਾਣਦਾ ਹੈ, ਜੋ ਚੀਜ਼ ਧਰਤੀ ਵਿਚ ਜਾਂਦੀ ਹੈ ਅਤੇ ਜੋ ਇਸ ਵਿੱਚੋਂ ਨਿਕਲਦੀ ਹੈ ਅਤੇ ਜੋ ਚੀਜ਼ ਅਕਾਸ਼ ਵਿੱਚੋਂ ਉੱਤਰਦੀ ਹੈ ਤੇ ਜੋ ਉਸ ਵਿਚ ਚੜ੍ਹਦੀ ਹੈ। ਤੁਸੀਂ ਜਿੱਥੇ ਵੀ ਹੁੰਦੇ ਹੋ ਉਹ ਤੁਹਾਡੇ ਅੰਗ-ਸੰਗ ਹੁੰਦਾ ਹੈ। ਤੁਸੀਂ ਜੋ ਵੀ ਕਰਦੇ ਹੋ ਅੱਲਾਹ ਉਸ ਨੂੰ ਚੰਗੀ ਤਰ੍ਹਾਂ ਵੇਖਦਾ ਹੈ।

5. ਅੱਲਾਹ ਲਈ ਹੀ ਅਕਾਸ਼ ਅਤੇ ਧਰਤੀ ਦੀ ਪਾਤਸ਼ਾਹੀ ਹੈ ਅਤੇ ਸਾਰੇ ਮਾਮਲੇ (ਨਿਬੇੜਨ ਲਈ) ਉਸੇ ਵੱਲ ਪਰਤਾਏ ਜਾਂਦੇ ਹਨ।

6. ਉਹੀਓ ਰਾਤ ਨੂੰ ਦਿਨ ਵਿਚ ਅਤੇ ਦਿਨ ਨੂੰ ਰਾਤ ਵਿਚ ਦਾਖ਼ਲ ਕਰਦਾ ਹੈ। ਉਹ ਦਿਲਾਂ ਦੇ ਭੇਤਾਂ ਨੂੰ ਵੀ ਜਾਣਦਾ ਹੈ।

سُوْرَةُ الْحَدِيْدِ

بِسْمِ اللّٰهِ الرَّحْمٰنِ الرَّحِيْمِ

سَبَّحَ لِلّٰهِ مَا فِى السَّمٰوٰتِ وَالْاَرْضِ ۚ
وَهُوَ الْعَزِيْزُ الْحَكِيْمُ ①

لَهٗ مُلْكُ السَّمٰوٰتِ وَالْاَرْضِ ۚ يُحْىٖ
وَيُمِيْتُ ۚ وَهُوَ عَلٰى كُلِّ شَىْءٍ قَدِيْرٌ ②

هُوَ الْاَوَّلُ وَالْاٰخِرُ وَالظَّاهِرُ وَالْبَاطِنُ ۚ
وَهُوَ بِكُلِّ شَىْءٍ عَلِيْمٌ ③

هُوَ الَّذِىْ خَلَقَ السَّمٰوٰتِ وَالْاَرْضَ فِىْ سِتَّةِ
اَيَّامٍ ثُمَّ اسْتَوٰى عَلَى الْعَرْشِ ۚ يَعْلَمُ مَا يَلِجُ
فِى الْاَرْضِ وَمَا يَخْرُجُ مِنْهَا وَمَا يَنْزِلُ
مِنَ السَّمَآءِ وَمَا يَعْرُجُ فِيْهَا ۚ وَهُوَ مَعَكُمْ اَيْنَ
مَا كُنْتُمْ ۚ وَاللّٰهُ بِمَا تَعْمَلُوْنَ بَصِيْرٌ ④

لَهٗ مُلْكُ السَّمٰوٰتِ وَالْاَرْضِ ۚ وَاِلَى اللّٰهِ تُرْجَعُ
الْاُمُوْرُ ⑤

يُوْلِجُ الَّيْلَ فِى النَّهَارِ وَيُوْلِجُ النَّهَارَ فِى
الَّيْلِ ۚ وَهُوَ عَلِيْمٌۢ بِذَاتِ الصُّدُوْرِ ⑥

7. (ਹੇ ਲੋਕੋ) ਅੱਲਾਹ ਅਤੇ ਉਸ ਦੇ ਰਸੂਲ 'ਤੇ ਈਮਾਨ ਲੈ ਆਓ ਅਤੇ ਉਸ ਮਾਲ ਵਿੱਚੋਂ ਖ਼ਰਚ ਕਰੋ ਜਿਸ ਦਾ ਉਸ (ਅੱਲਾਹ) ਨੇ ਤੁਹਾਨੂੰ ਜਾਨਸ਼ੀਨ ਬਣਾਇਆ ਹੈ। ਤੁਹਾਡੇ ਵਿੱਚੋਂ ਜੋ ਲੋਕ ਈਮਾਨ ਲਿਆਏ ਅਤੇ ਉਹਨਾਂ ਨੇ (ਅੱਲਾਹ ਦੀ ਰਾਹ ਵਿਚ) ਖ਼ਰਚ ਕੀਤਾ ਉਹਨਾਂ ਲਈ ਵੱਡਾ ਬਦਲਾ ਹੈ।

آمِنُوا بِاللَّهِ وَرَسُولِهِ وَأَنفِقُوا مِمَّا جَعَلَكُم
مُّسْتَخْلَفِينَ فِيهِ ۖ فَالَّذِينَ آمَنُوا مِنكُمْ
وَأَنفَقُوا لَهُمْ أَجْرٌ كَبِيرٌ ﴿٧﴾

8. ਤੁਹਾਨੂੰ ਕੀ ਹੋ ਗਿਆ ਕਿ ਤੁਸੀਂ ਅੱਲਾਹ ਉੱਤੇ ਈਮਾਨ ਨਹੀਂ ਲਿਆਉਂਦੇ? ਜਦੋਂ ਕਿ ਰਸੂਲ ਤੁਹਾਨੂੰ ਸੱਦਾ ਦੇ ਰਿਹਾ ਹੈ ਕਿ ਤੁਸੀਂ ਆਪਣੇ ਪਾਲਣਹਾਰ 'ਤੇ ਈਮਾਨ ਲੈ ਆਓ ਜਦ ਕਿ ਉਹ ਤੁਹਾਥੋਂ (ਪਹਿਲਾਂ ਹੀ) ਪੱਕਾ ਵਚਨ ਲੈ ਚੁੱਕਿਆ ਹੈ, ਜੇ ਤੁਸੀਂ ਈਮਾਨਦਾਰ ਹੋ। (ਤਾਂ ਮੰਨ ਲਓ)

وَمَا لَكُمْ لَا تُؤْمِنُونَ بِاللَّهِ ۙ وَالرَّسُولُ يَدْعُوكُمْ
لِتُؤْمِنُوا بِرَبِّكُمْ وَقَدْ أَخَذَ مِيثَاقَكُمْ إِن كُنتُم
مُّؤْمِنِينَ ﴿٨﴾

9. ਉਹੀ ਤਾਂ ਹੈ ਜਿਹੜਾ ਆਪਣੇ ਬੰਦੇ (ਮੁਹੰਮਦ ਸ:) ਉੱਤੇ ਸਪਸ਼ਟ ਆਇਤਾਂ (ਆਦੇਸ਼) ਉਤਾਰਦਾ ਹੈ ਤਾਂ ਜੋ ਉਹ (ਰਸੂਲ) ਤੁਹਾਨੂੰ ਹਨੇਰਿਆਂ ਤੋਂ ਉਜਾਲੇ ਵੱਲ ਕੱਢ ਲਿਆਵੇ। ਬੇਸ਼ੱਕ ਅੱਲਾਹ ਤੁਹਾਡੇ 'ਤੇ ਅਤਿਅੰਤ ਮਿਹਰਬਾਨ ਤੇ ਰਹਿਮ ਕਰਨ ਵਾਲਾ ਹੈ।

هُوَ الَّذِي يُنَزِّلُ عَلَىٰ عَبْدِهِ آيَاتٍ بَيِّنَاتٍ
لِّيُخْرِجَكُم مِّنَ الظُّلُمَاتِ إِلَى النُّورِ ۚ وَإِنَّ اللَّهَ
بِكُمْ لَرَءُوفٌ رَّحِيمٌ ﴿٩﴾

10. ਤੁਹਾਨੂੰ ਕੀ ਹੋ ਗਿਆ ਕਿ ਤੁਸੀਂ ਅੱਲਾਹ ਦੀ ਰਾਹ ਵਿਚ ਖ਼ਰਚ ਨਹੀਂ ਕਰਦੇ? ਜਦੋਂ ਕਿ ਅਕਾਸ਼ਾਂ ਤੇ ਧਰਤੀ ਦੀ ਮਲਕੀਅਤ ਅੱਲਾਹ ਲਈ ਹੈ। ਤੁਹਾਡੇ ਵਿੱਚੋਂ ਜਿਨ੍ਹਾਂ ਲੋਕਾਂ ਨੇ ਮੱਕੇ ਦੀ ਫ਼ਤਿਹ ਤੋਂ ਪਹਿਲਾਂ ਖ਼ਰਚ ਕੀਤਾ ਤੇ ਜਿਹਾਦ ਕੀਤਾ, ਇਹ ਉਹਨਾਂ ਲੋਕਾਂ ਦੇ ਬਰਾਬਰ ਨਹੀਂ ਜਿਨ੍ਹਾਂ ਨੇ ਮੱਕਾ ਫ਼ਤਿਹ ਹੋਣ ਤੋਂ ਬਾਅਦ ਇਹੋ ਕੰਮ ਕੀਤਾ। ਉਹ (ਪਹਿਲਾਂ ਖ਼ਰਚ ਕਰਨ ਵਾਲੇ) ਲੋਕ ਦਰਜੇ ਵਿਚ ਉਹਨਾਂ ਲੋਕਾਂ ਤੋਂ ਉੱਚੇ ਹਨ, ਜਿਨ੍ਹਾਂ ਨੇ ਇਸ (ਫ਼ਤਿਹ) ਤੋਂ ਬਾਅਦ ਖ਼ਰਚ ਕੀਤਾ ਤੇ ਜਿਹਾਦ ਵੀ ਕੀਤਾ। ਅੱਲਾਹ ਨੇ ਹਰੇਕ ਨੂੰ ਵਧੀਆ ਬਦਲਾ ਦੇਣ ਦਾ ਵਾਅਦਾ ਕੀਤਾ ਹੈ ਅੱਲਾਹ ਚੰਗੀ ਤਰ੍ਹਾਂ ਜਾਣਦਾ ਹੈ ਜੋ ਤੁਸੀਂ ਅਮਲ ਕਰਦੇ ਹੋ।

وَمَا لَكُمْ أَلَّا تُنفِقُوا فِي سَبِيلِ اللَّهِ وَلِلَّهِ
مِيرَاثُ السَّمَاوَاتِ وَالْأَرْضِ ۚ لَا يَسْتَوِي مِنكُم
مَّنْ أَنفَقَ مِن قَبْلِ الْفَتْحِ وَقَاتَلَ ۚ أُولَٰئِكَ
أَعْظَمُ دَرَجَةً مِّنَ الَّذِينَ أَنفَقُوا مِن بَعْدُ
وَقَاتَلُوا ۚ وَكُلًّا وَعَدَ اللَّهُ الْحُسْنَىٰ ۚ وَاللَّهُ
بِمَا تَعْمَلُونَ خَبِيرٌ ﴿١٠﴾

11 ਉਹ ਕੌਣ ਹੈ ਜਿਹੜਾ ਅੱਲਾਹ ਨੂੰ ਸੋਹਣਾ ਕਰਜ਼ ਦੇਵੇ ਤਾਂ ਜੋ ਅੱਲਾਹ ਉਸ (ਦੇ ਧਨ) ਵਿੱਚ ਹੋਰ ਵਾਧਾ ਕਰੇ ਤੇ ਉਸ ਦੇ (ਕਰਜ਼ ਦੇਣ ਵਾਲੇ) ਲਈ ਇਹੋ ਵਧੀਆ ਬਦਲਾ ਹੈ।

مَنْ ذَا الَّذِي يُقْرِضُ اللَّهَ قَرْضًا حَسَنًا فَيُضَاعِفَهُ
لَهُ وَلَهُ أَجْرٌ كَرِيمٌ (11)

12 (ਹੇ ਨਬੀ!) ਉਸ (ਕਿਆਮਤ) ਦਿਹਾੜੇ ਤੁਸੀਂ ਈਮਾਨ ਵਾਲੇ ਤੇ ਈਮਾਨ ਵਾਲੀਆਂ ਨੂੰ ਵੇਖੋਗੇ ਕਿ ਉਹਨਾਂ ਦਾ ਨੂਰ ਉਹਨਾਂ ਦੇ ਅੱਗੇ ਅੱਗੇ ਤੇ ਉਹਨਾਂ ਦੇ ਸੱਜੇ ਪਾਸੇ ਨੱਸਦਾ ਹੋਵੇਗਾ। ਆਖਿਆ ਜਾਵੇਗਾ ਕਿ ਅੱਜ ਤੁਹਾਨੂੰ ਅਜਿਹੇ ਬਾਗ਼ਾਂ ਦੀ ਖ਼ੁਸ਼ਖ਼ਬਰੀ ਹੈ ਜਿਨ੍ਹਾਂ ਦੇ ਹੇਠ ਨਹਿਰਾਂ ਵਗਦੀਆਂ ਹਨ। ਉਹ ਉਹਨਾਂ ਵਿਚ ਸਦਾ ਰਹਿਣਗੇ, ਇਹੋ ਸਭ ਤੋਂ ਵੱਡੀ ਕਾਮਯਾਬੀ ਹੈ।

يَوْمَ تَرَى الْمُؤْمِنِينَ وَالْمُؤْمِنَاتِ يَسْعَىٰ نُورُهُمْ
بَيْنَ أَيْدِيهِمْ وَبِأَيْمَانِهِمْ بُشْرَاكُمُ الْيَوْمَ جَنَّاتٌ
تَجْرِي مِنْ تَحْتِهَا الْأَنْهَارُ خَالِدِينَ فِيهَا ۚ ذَٰلِكَ
هُوَ الْفَوْزُ الْعَظِيمُ (12)

13 ਉਸ ਦਿਨ ਮੁਨਾਫ਼ਿਕ (ਪਖੰਡੀ) ਪੁਰਸ਼ ਅਤੇ ਮੁਨਾਫ਼ਿਕ ਇਸਤਰੀਆਂ ਈਮਾਨ ਲਿਆਉਣ ਵਾਲਿਆਂ ਨੂੰ ਆਖਣਗੇ ਕਿ ਤੁਸੀਂ ਸਾਡੀ ਉਡੀਕ ਕਰੋ ਕਿ ਅਸੀਂ ਵੀ ਤੁਹਾਡੇ ਨੂਰ ਵਿੱਚੋਂ ਕੁੱਝ ਚਾਨਣ ਪ੍ਰਾਪਤ ਕਰ ਲਈਏ। ਉਹਨਾਂ ਨੂੰ ਆਖਿਆ ਜਾਵੇਗਾ ਕਿ ਆਪਣੇ ਪਿਛਾਂਹ ਮੁੜ ਜਾਓ ਤੇ ਫੇਰ ਨੂਰ ਨੂੰ ਲੱਭੋ। ਫੇਰ ਉਹਨਾਂ ਵਿਚਾਲੇ ਇਕ ਕੰਧ ਖੜੀ ਕਰ ਦਿੱਤੀ ਜਾਵੇਗੀ ਜਿਸ ਦਾ ਇਕ ਬੂਹਾ ਹੋਵੇਗਾ, ਉਸ ਦੇ ਅੰਦਰ ਰਹਿਮਤਾਂ ਹੋਣਗੀਆਂ ਤੇ ਉਸ ਦੇ ਬਾਹਰ ਅਜ਼ਾਬ ਹੋਵੇਗਾ।

يَوْمَ يَقُولُ الْمُنَافِقُونَ وَالْمُنَافِقَاتُ لِلَّذِينَ
آمَنُوا انْظُرُونَا نَقْتَبِسْ مِنْ نُورِكُمْ قِيلَ
ارْجِعُوا وَرَاءَكُمْ فَالْتَمِسُوا نُورًا فَضُرِبَ بَيْنَهُمْ
بِسُورٍ لَهُ بَابٌ بَاطِنُهُ فِيهِ الرَّحْمَةُ وَظَاهِرُهُ
مِنْ قِبَلِهِ الْعَذَابُ (13)

14 ਉਹ (ਮੁਨਾਫ਼ਿਕ) ਉਹਨਾਂ (ਮੋਮਿਨਾਂ) ਨੂੰ ਆਖਣਗੇ, ਕੀ (ਸੰਸਾਰ) ਵਿਚ ਅਸੀਂ ਤੁਹਾਡੇ ਸੰਗ ਨਹੀਂ ਸੀ? ਉਹ ਆਖਣਗੇ ਕਿ ਹਾਂ! ਕਿਉਂ ਨਹੀਂ! ਪਰ ਤੁਸੀਂ ਆਪਣੇ ਆਪ ਨੂੰ ਅਜ਼ਮਾਇਸ਼ਾਂ ਵਿਚ ਪਾ ਲਿਆ ਸੀ ਅਤੇ ਤੁਸੀਂ ਈਮਾਨ ਵਾਲਿਆਂ ਪ੍ਰਤੀ (ਭੈੜੇ) ਸਮੇਂ ਦੀ ਉਡੀਕ ਵਿਚ ਸੀ। ਤੁਸੀਂ (ਦੀਨ ਵਿਚ) ਸ਼ੱਕ ਵੀ ਕੀਤਾ ਅਤੇ ਤੁਹਾਨੂੰ ਤੁਹਾਡੀਆਂ ਇੱਛਾਵਾਂ ਨੇ ਧੋਖੇ ਵਿਚ ਰੱਖਿਆ, ਇੱਥੋਂ ਤਕ ਕਿ ਅੱਲਾਹ ਦਾ ਹੁਕਮ ਆ ਪਹੁੰਚਿਆ ਅਤੇ ਧੋਖੇਬਾਜ਼ ਸ਼ੈਤਾਨ ਨੇ ਤੁਹਾਨੂੰ ਅੱਲਾਹ ਦੇ ਬਾਰੇ ਧੋਖਾ ਦਿੱਤਾ।

يُنَادُونَهُمْ أَلَمْ نَكُنْ مَعَكُمْ ۖ قَالُوا بَلَىٰ وَلَٰكِنَّكُمْ
فَتَنْتُمْ أَنْفُسَكُمْ وَتَرَبَّصْتُمْ وَارْتَبْتُمْ وَغَرَّتْكُمُ
الْأَمَانِيُّ حَتَّىٰ جَاءَ أَمْرُ اللَّهِ وَغَرَّكُمْ بِاللَّهِ
الْغَرُورُ (14)

15. ਸੋ ਅੱਜ ਨਾ ਤੁਹਾਥੋਂ ਅਤੇ ਨਾ ਹੀ ਉਹਨਾਂ ਲੋਕਾਂ ਤੋਂ ਜਿਨ੍ਹਾਂ ਨੇ ਕੁਫ਼ਰ ਕੀਤਾ ਸੀ ਕੋਈ ਫ਼ਿਦਆਈ ਕਬੂਲ ਕੀਤੀ ਜਾਵੇਗੀ। ਤੁਹਾਡਾ ਟਿਕਾਣਾ ਤਾਂ ਅੱਗ ਹੈ। ਤੁਹਾਡੇ ਯੋਗ ਤਾਂ ਇਹੀਓ ਟਿਕਾਣਾ ਹੈ ਅਤੇ ਇਹ ਬਹੁਤ ਹੀ ਭੈੜਾ ਪਰਤਨ ਟਿਕਾਣਾ ਹੈ।

فَالْيَوْمَ لَا يُؤْخَذُ مِنْكُمْ فِدْيَةٌ وَلَا مِنَ الَّذِينَ كَفَرُوا ۚ مَأْوَاكُمُ النَّارُ ۖ هِيَ مَوْلَاكُمْ ۖ وَبِئْسَ الْمَصِيرُ ﴿١٥﴾

16. ਕੀ ਈਮਾਨ ਵਾਲਿਆਂ ਲਈ ਅਜਿਹੇ ਉਹ ਸਮਾਂ ਨਹੀਂ ਆਇਆ ਕਿ ਉਹਨਾਂ ਦੇ ਦਿਲ ਅੱਲਾਹ ਦੀ ਯਾਦ ਨਾਲ ਝੁੱਕ ਜਾਣ ਅਤੇ (ਇਸ ਕੁਰਆਨ ਦੇ ਲਈ) ਜੋ ਹੱਕ (ਅੱਲਾਹ) ਵੱਲੋਂ ਉਤਾਰਿਆ ਗਿਆ ਹੈ। ਉਹ ਉਹਨਾਂ ਲੋਕਾਂ ਵਾਂਗ ਨਾ ਹੋ ਜਾਣ ਜਿਨ੍ਹਾਂ ਨੂੰ ਇਸ ਤੋਂ ਪਹਿਲਾਂ ਕਿਤਾਬ (ਤੌਰੈਤ) ਦਿੱਤੀ ਗਈ ਸੀ। ਫੇਰ ਉਹਨਾਂ 'ਤੇ ਇਕ ਲੰਮਾ ਸਮਾਂ ਬੀਤ ਗਿਆ ਤਾਂ ਉਹਨਾਂ ਦੇ ਦਿਲ ਕਠੋਰ ਹੋ ਗਏ ਅਤੇ ਇਹਨਾਂ ਵਿੱਚੋਂ ਬਹੁਤੇ ਤਾਂ ਝੂਠੇ ਹਨ।

أَلَمْ يَأْنِ لِلَّذِينَ آمَنُوا أَنْ تَخْشَعَ قُلُوبُهُمْ لِذِكْرِ اللَّهِ وَمَا نَزَلَ مِنَ الْحَقِّ وَلَا يَكُونُوا كَالَّذِينَ أُوتُوا الْكِتَابَ مِنْ قَبْلُ فَطَالَ عَلَيْهِمُ الْأَمَدُ فَقَسَتْ قُلُوبُهُمْ ۖ وَكَثِيرٌ مِنْهُمْ فَاسِقُونَ ﴿١٦﴾

17. ਤੁਸੀਂ ਚੰਗੀ ਤਰ੍ਹਾਂ ਇਹ ਜਾਣ ਲਓ ਕਿ ਬੇਸ਼ੱਕ ਅੱਲਾਹ ਹੀ ਧਰਤੀ ਨੂੰ ਉਸ ਦੀ ਮੌਤ (ਬੰਜਰ) ਪਿੱਛੋਂ ਸੁਰਜੀਤ (ਉਪਜਾਊ) ਕਰਦਾ ਹੈ। ਸੋ ਅਸੀਂ ਆਪਣੀਆਂ ਆਇਤਾਂ (ਆਦੇਸ਼) ਤੁਹਾਡੇ ਲਈ ਬਿਆਨ ਕਰ ਦਿੱਤੇ ਹਨ ਤਾਂ ਜੋ ਤੁਸੀਂ ਕੁੱਝ ਸਮਝ ਸਕੋਂ।

اعْلَمُوا أَنَّ اللَّهَ يُحْيِي الْأَرْضَ بَعْدَ مَوْتِهَا ۚ قَدْ بَيَّنَّا لَكُمُ الْآيَاتِ لَعَلَّكُمْ تَعْقِلُونَ ﴿١٧﴾

18. ਬੇਸ਼ੱਕ ਸਦਕਾ (ਸੌਖੇ ਮਨੋ ਪੁੰਨ-ਦਾਨ) ਦੇਣ ਵਾਲੇ ਪੁਰਸ਼, ਇਸਤਰੀਆਂ ਅਤੇ ਜਿਨ੍ਹਾਂ ਨੇ ਅੱਲਾਹ ਨੂੰ ਕਰਜ਼ੇ-ਹਸਨਾ (ਸੋਹਣਾ ਕਰਜ਼ਾ) ਦਿੱਤਾ ਹੈ, ਨਿਰਸੰਦੇਹ, ਉਹਨਾਂ ਨੂੰ ਕਈ ਗੁਣਾ ਵਧਾ ਕੇ (ਵਾਪਿਸ ਕਰ) ਦਿੱਤਾ ਜਾਵੇਗਾ ਅਤੇ ਉਹਨਾਂ ਲਈ ਬਹੁਤ ਹੀ ਸੋਹਣਾ ਬਦਲਾ ਹੈ।

إِنَّ الْمُصَّدِّقِينَ وَالْمُصَّدِّقَاتِ وَأَقْرَضُوا اللَّهَ قَرْضًا حَسَنًا يُضَاعَفُ لَهُمْ وَلَهُمْ أَجْرٌ كَرِيمٌ ﴿١٨﴾

19. ਜਿਹੜੇ ਲੋਕ ਅੱਲਾਹ ਅਤੇ ਉਸ ਦੇ ਰਸੂਲਾਂ 'ਤੇ ਈਮਾਨ ਲਿਆਏ ਉਹੀਓ ਆਪਣੇ ਰੱਬ ਦੀਆਂ ਨਜ਼ਰਾਂ ਵਿਚ ਸਿੱਦੀਕ (ਸੱਚਿਆਰਾ) ਅਤੇ ਸ਼ਹੀਦ ਹਨ। ਉਹਨਾਂ ਲਈ ਉਹਨਾਂ ਦੇ ਅਮਲਾਂ ਦਾ ਸੋਹਣਾ ਬਦਲਾ ਹੋਵੇਗਾ ਅਤੇ (ਉਹਨਾਂ ਦੇ ਸੰਗ) ਉਹਨਾਂ ਦਾ ਨੂਰ ਹੋਵੇਗਾ। ਅਤੇ

وَالَّذِينَ آمَنُوا بِاللَّهِ وَرُسُلِهِ أُولَٰئِكَ هُمُ الصِّدِّيقُونَ ۖ وَالشُّهَدَاءُ عِنْدَ رَبِّهِمْ لَهُمْ أَجْرُهُمْ وَنُورُهُمْ ۖ وَالَّذِينَ كَفَرُوا وَكَذَّبُوا بِآيَاتِنَا أُولَٰئِكَ أَصْحَابُ الْجَحِيمِ ﴿١٩﴾

ਜਿਨ੍ਹਾਂ ਲੋਕਾਂ ਨੇ (ਸਾਡੇ ਹੁਕਮਾਂ ਦਾ) ਇਨਕਾਰ ਕੀਤਾ ਅਤੇ ਸਾਡੀਆਂ ਆਇਤਾਂ (ਕੁਰਆਨ) ਨੂੰ ਝੁਠਲਾਇਆ ਹੈ, ਉਹ ਸਭ ਨਰਕੀ ਹਨ।

20. (ਹੇ ਲੋਕੋ !) ਤੁਸੀਂ ਇਹ ਗੱਲ ਜਾਣ ਲਓ ਕਿ ਸੰਸਾਰਿਕ ਜੀਵਨ ਕੇਵਲ ਇਕ ਖੇਡ ਤਮਾਸ਼ਾ ਤੇ ਸਜਾਵਟ ਦੀ ਚੀਜ਼ ਹੈ। ਆਪੋ ਵਿਚ ਘਮੰਡ ਕਰਨਾ ਅਤੇ ਮਾਲ ਦੌਲਤ ਤੇ ਸੰਤਾਨ ਪੱਖੋਂ ਇਕ ਦੂਜੇ ਉੱਤੇ ਵਡਿਆਈ ਜਤਾਉਣਾ ਹੈ। (ਇਸ ਦੀ ਉਦਾਹਰਨ ਤਾਂ ਇੰਜ ਹੈ) ਜਿਵੇਂ ਵਰਖਾ, ਜਿਸ ਤੋਂ ਮਗਰੋਂ ਉਪਜਣ ਵਾਲੀ ਪੈਦਾਵਾਰ ਕਿਸਾਨਾਂ ਨੂੰ ਖ਼ੁਸ਼ ਕਰਦੀ ਹੈ। ਫੇਰ ਉਹ (ਪੈਦਾਵਾਰ) ਸੁੱਕ ਜਾਂਦੀ ਹੈ ਭਾਵ ਪੱਕ ਜਾਂਦੀ ਹੈ ਤਾਂ ਤੁਸੀਂ ਉਸ ਨੂੰ ਪੀਲੀ (ਮੁਰਝਾਈ) ਹੁੰਦੀ ਵੇਖਦੇ ਹੋ, ਫੇਰ ਉਹ ਚੂਰਾ-ਚੂਰਾ ਹੋ ਜਾਂਦੀ ਹੈ। ਐਵੇਂ ਹੀ ਆਖ਼ਿਰਤ ਵਿਚ (ਕਾਫ਼ਿਰਾਂ ਲਈ) ਕਰੜਾ ਅਜ਼ਾਬ ਹੈ ਅਤੇ (ਈਮਾਨ ਵਾਲਿਆਂ ਲਈ) ਅੱਲਾਹ ਵੱਲੋਂ ਬਖ਼ਸ਼ਿਸ਼ ਅਤੇ ਉਸ ਦੀ ਰਜ਼ਾਮੰਦੀ ਹੈ। ਸੰਸਾਰਿਕ ਜੀਵਨ ਤਾਂ ਧੋਖਾ ਦੇਣ ਦਾ ਇਕ ਸਾਧਨ ਹੈ।

اِعْلَمُوْٓا اَنَّمَا الْحَيٰوةُ الدُّنْيَا لَعِبٌ وَّلَهْوٌ وَّزِيْنَةٌ وَّتَفَاخُرٌۢ بَيْنَكُمْ وَتَكَاثُرٌ فِى الْاَمْوَالِ وَالْاَوْلَادِ ؕ كَمَثَلِ غَيْثٍ اَعْجَبَ الْكُفَّارَ نَبَاتُهٗ ثُمَّ يَهِيْجُ فَتَرٰىهُ مُصْفَرًّا ثُمَّ يَكُوْنُ حُطَامًا ؕ وَفِى الْاٰخِرَةِ عَذَابٌ شَدِيْدٌ ۙ وَّمَغْفِرَةٌ مِّنَ اللّٰهِ وَرِضْوَانٌ ؕ وَمَا الْحَيٰوةُ الدُّنْيَآ اِلَّا مَتَاعُ الْغُرُوْرِ ﴿۲۰﴾

21. ਸੋ (ਹੇ ਈਮਾਨ ਵਾਲਿਓ !) ਤੁਸੀਂ ਆਪਣੇ ਰੱਬ ਦੀ ਬਖ਼ਸ਼ਿਸ਼ ਤੇ ਉਸ ਜੰਨਤ ਵੱਲ ਦੌੜੋ ਜਿਸ ਦੀ ਵਿਸ਼ਾਲਤਾ ਅਕਾਸ਼ ਤੇ ਧਰਤੀ ਜਿਹੀ ਹੈ। ਇਹ ਉਹਨਾਂ ਲੋਕਾਂ ਲਈ ਤਿਆਰ ਕੀਤੀ ਗਈ ਹੈ ਜਿਹੜੇ ਅੱਲਾਹ ਤੇ ਉਸ ਦੇ ਰਸੂਲਾਂ 'ਤੇ ਈਮਾਨ ਲਿਆਏ ਹਨ। ਇਹ ਅੱਲਾਹ ਦਾ ਫ਼ਜ਼ਲ (ਕ੍ਰਿਪਾਲਤਾ) ਹੈ, ਉਹ ਜਿਸ ਨੂੰ ਚਾਹੁੰਦਾ ਹੈ ਦਿੰਦਾ ਹੈ, ਅੱਲਾਹ ਬਹੁਤ ਵੱਡਾ ਕ੍ਰਿਪਾਲੂ ਹੈ।

سَابِقُوْٓا اِلٰى مَغْفِرَةٍ مِّنْ رَّبِّكُمْ وَجَنَّةٍ عَرْضُهَا كَعَرْضِ السَّمَآءِ وَالْاَرْضِ ۙ اُعِدَّتْ لِلَّذِيْنَ اٰمَنُوْا بِاللّٰهِ وَرُسُلِهٖ ؕ ذٰلِكَ فَضْلُ اللّٰهِ يُؤْتِيْهِ مَنْ يَّشَآءُ ؕ وَاللّٰهُ ذُو الْفَضْلِ الْعَظِيْمِ ﴿۲۱﴾

22. ਧਰਤੀ 'ਤੇ ਜਾਂ ਤੁਹਾਡੀਆਂ ਜਾਨਾਂ ਉੱਤੇ ਜਿਹੜੀ ਵੀ ਬਿਪਤਾ ਆਉਂਦੀ ਹੈ ਉਹ ਤਾਂ ਤੁਹਾਡੇ ਜਨਮ ਤੋਂ ਪਹਿਲਾਂ ਹੀ ਕਿਤਾਬ ਵਿਚ ਲਿਖੀ ਹੋਈ ਹੈ। ਇੰਜ ਕਰਨਾ ਅੱਲਾਹ ਲਈ ਬਹੁਤ ਹੀ ਸੌਖਾ ਹੈ।

مَآ اَصَابَ مِنْ مُّصِيْبَةٍ فِى الْاَرْضِ وَلَا فِيْٓ اَنْفُسِكُمْ اِلَّا فِيْ كِتٰبٍ مِّنْ قَبْلِ اَنْ نَّبْرَاَهَا ؕ اِنَّ ذٰلِكَ عَلَى اللّٰهِ يَسِيْرٌ ﴿۲۲﴾

23 ਇਹ ਸਭ ਇਸ ਲਈ ਦੱਸਿਆ ਜਾ ਰਿਹਾ ਹੈ ਤਾਂ ਜੋ ਜੇ ਕੋਈ ਚੀਜ਼ ਤੁਹਾਡੇ ਹੱਥੋਂ ਖੁਸ ਜਾਵੇ ਤਾਂ ਤੁਸੀਂ ਦੁਖੀ ਨਾ ਹੋਵੋ ਅਤੇ ਜੇ ਉਹ (ਅੱਲਾਹ) ਤੁਹਾਨੂੰ ਨਵਾਜ਼ਦਾ ਹੈ ਤਾਂ ਤੁਸੀਂ ਸ਼ੇਖ਼ੀਆਂ ਨਾ ਮਾਰਦੇ ਫਿਰੋ। ਅੱਲਾਹ ਕਿਸੇ ਵੀ ਸ਼ੇਖ਼ੀਖ਼ੋਰੇ ਅਤੇ ਘਮੰਡੀ ਨੂੰ ਪਸੰਦ ਨਹੀਂ ਕਰਦਾ।

لِّكَيْلَا تَأْسَوْا عَلَىٰ مَا فَاتَكُمْ وَلَا تَفْرَحُوا بِمَا آتَاكُمْ ۗ وَاللَّهُ لَا يُحِبُّ كُلَّ مُخْتَالٍ فَخُورٍ ﴿٢٣﴾

24. (ਅਤੇ ਨਾ ਹੀ ਅੱਲਾਹ ਉਹਨਾਂ ਨੂੰ ਪਸੰਦ ਕਰਦਾ ਹੈ) ਜਿਹੜੇ ਆਪ ਵੀ ਕੰਜੂਸੀ ਕਰਦੇ ਹਨ ਤੇ ਦੂਜਿਆਂ ਨੂੰ ਵੀ ਕੰਜੂਸੀ ਕਰਨ ਲਈ ਪ੍ਰੇਰਿਤ ਕਰਦੇ ਹਨ। ਜਿਹੜਾ ਕੋਈ ਵਿਅਕਤੀ (ਅੱਲਾਹ ਦੇ ਹੁਕਮਾਂ ਤੋਂ) ਮੂੰਹ ਮੋੜਦਾ ਹੈ ਤਾਂ ਅੱਲਾਹ ਨੂੰ ਇਸ ਗੱਲ ਦੀ ਕੋਈ ਚਿੰਤਾ ਨਹੀਂ, ਉਹ ਤਾਂ ਆਪ ਹੀ ਅਤਿਅੰਤ ਸ਼ਲਾਘਾਯੋਗ ਹੈ।

الَّذِينَ يَبْخَلُونَ وَيَأْمُرُونَ النَّاسَ بِالْبُخْلِ ۗ وَمَن يَتَوَلَّ فَإِنَّ اللَّهَ هُوَ الْغَنِيُّ الْحَمِيدُ ﴿٢٤﴾

25 ਬੇਸ਼ੱਕ ਅਸਾਂ ਆਪਣੇ ਰਸੂਲਾਂ ਨੂੰ ਸਪਸ਼ਟ ਨਿਸ਼ਾਨੀਆਂ ਨਾਲ ਭੇਜਿਆ ਅਤੇ ਅਸੀਂ ਉਹਨਾਂ ਨਾਲ ਕਿਤਾਬ (ਰੱਬੀ ਬਾਣੀ) ਤੇ ਮੀਜ਼ਾਨ (ਇਨਸਾਫ਼ ਕਰਨ ਵਾਲੀ ਤੱਕੜੀ) ਉਤਾਰੀ ਤਾਂ ਜੋ ਲੋਕ ਇਨਸਾਫ਼ 'ਤੇ ਕਾਇਮ ਰਹਿਣ। ਅਸੀਂ ਲੋਹਾ ਪੈਦਾ ਕੀਤਾ, ਇਸ ਵਿਚ ਬਹੁਤ ਸ਼ਕਤੀ ਹੈ ਅਤੇ ਲੋਕਾਂ ਲਈ ਅਨੇਕਾਂ ਲਾਭ ਹਨ। ਤਾਂ ਜੋ ਅੱਲਾਹ ਨੂੰ ਗਿਆਨ ਹੋ ਜਾਵੇ ਕਿ ਕੌਣ ਬਿਨ ਵੇਖਿਆਂ ਉਸ ਦੀ ਤੇ ਉਸ ਦੇ ਪੈਗ਼ੰਬਰਾਂ ਦੀ ਮਦਦ ਕਰਦਾ ਹੈ। ਬੇਸ਼ੱਕ ਅੱਲਾਹ ਅਤਿਅੰਤ ਸ਼ਕਤੀਸ਼ਾਲੀ ਅਤੇ ਜ਼ੋਰਾਵਰ ਹੈ।

لَقَدْ أَرْسَلْنَا رُسُلَنَا بِالْبَيِّنَاتِ وَأَنزَلْنَا مَعَهُمُ الْكِتَابَ وَالْمِيزَانَ لِيَقُومَ النَّاسُ بِالْقِسْطِ ۖ وَأَنزَلْنَا الْحَدِيدَ فِيهِ بَأْسٌ شَدِيدٌ وَمَنَافِعُ لِلنَّاسِ وَلِيَعْلَمَ اللَّهُ مَن يَنصُرُهُ وَرُسُلَهُ بِالْغَيْبِ ۚ إِنَّ اللَّهَ قَوِيٌّ عَزِيزٌ ﴿٢٥﴾

26 ਬੇਸ਼ੱਕ ਅਸੀਂ ਨੂਹ ਨੂੰ ਅਤੇ ਇਬਰਾਹੀਮ ਨੂੰ (ਰਸੂਲ ਬਣਾ ਕੇ) ਭੇਜਿਆ। ਅਸੀਂ ਉਹਨਾਂ ਦੋਹਾਂ ਦੀ ਸੰਤਾਨ ਵਿਚ ਪੈਗ਼ੰਬਰੀ ਅਤੇ (ਰੱਬੀ) ਕਿਤਾਬ ਰੱਖ ਦਿੱਤੀ, ਫੇਰ ਇਹਨਾਂ ਵਿੱਚੋਂ ਹੀ ਕੁੱਝ ਹਿਦਾਇਤ ਪ੍ਰਾਪਤ ਕਰਨ ਵਾਲੇ ਹਨ ਅਤੇ ਇਹਨਾਂ ਵਿੱਚੋਂ ਹੀ ਬਹੁਤੇ ਲੋਕ ਨਾ-ਫ਼ਰਮਾਨ ਹਨ।

وَلَقَدْ أَرْسَلْنَا نُوحًا وَإِبْرَاهِيمَ وَجَعَلْنَا فِي ذُرِّيَّتِهِمَا النُّبُوَّةَ وَالْكِتَابَ ۖ فَمِنْهُم مُّهْتَدٍ ۖ وَكَثِيرٌ مِّنْهُمْ فَاسِقُونَ ﴿٢٦﴾

---

[1] ਇਸੀ ਲੋਹੇ ਤੋਂ ਤਲਵਾਰਾਂ ਬਣਦੀਆਂ ਹਨ ਜਿਵੇਂ ਕੇ ਹਦੀਸ ਵਿਚ ਕਿਹਾ ਗਿਆ ਹੈ ਕਿ ਜੰਨਤ ਤਲਵਾਰਾਂ ਦੀਆਂ ਛਾਵਾਂ ਹੇਠ ਹੈ। (ਸਹੀ ਬੁਖ਼ਾਰੀ, ਹਦੀਸ: 2818)

27. ਫੇਰ ਅਸੀਂ ਇਹਨਾਂ ਦੇ ਪਿੱਛੇ ਲੜੀਵਾਰ ਰਸੂਲ ਭੇਜੇ ਅਤੇ ਇਹਨਾਂ ਸਭ ਦੇ ਪਿੱਛੇ ਮਰੀਅਮ ਦੇ ਪੁੱਤਰ ਈਸਾ ਨੂੰ ਭੇਜਿਆ। ਉਸ ਨੂੰ ਅਸੀਂ ਇੰਜੀਲ ਦਿੱਤੀ ਅਤੇ ਉਹਨਾਂ ਦੇ ਦਿਲਾਂ ਵਿਚ ਜਿਨ੍ਹਾਂ ਨੇ ਉਹਨਾਂ ਦੀ ਪੈਰਵੀ ਕੀਤੀ, ਨਰਮੀ ਤੇ ਮੁਹੱਬਤ ਰੱਖ ਦਿੱਤੀ। ਸੰਸਾਰ ਤਿਆਗ ਪ੍ਰਥਾ ਤਾਂ ਉਹਨਾਂ ਦੀ ਆਪਣੀ ਬਣਾਈ ਹੋਈ ਹੈ, ਅਸੀਂ ਉਹਨਾਂ ਲਈ ਇਹ ਫ਼ਰਜ਼ ਨਹੀਂ ਸੀ ਕੀਤਾ, ਪਰ ਅੱਲਾਹ ਦੀ ਰਜ਼ਾ ਦੀ ਤਲਾਸ਼ ਵਿਚ ਉਹਨਾਂ ਨੇ ਆਪ ਹੀ ਇਹ ਸਭ ਕੀਤਾ ਸੀ। ਉਹਨਾਂ ਨੇ ਇਸ ਗੱਲ ਦਾ ਧਿਆਨ ਨਹੀਂ ਰੱਖਿਆ ਜਿਵੇਂ ਕਿ ਰਖਣਾ ਚਾਹੀਦਾ ਸੀ। ਫੇਰ ਅਸੀਂ ਉਹਨਾਂ ਲੋਕਾਂ ਨੂੰ ਜਿਹੜੇ ਉਹਨਾਂ ਵਿੱਚੋਂ ਈਮਾਨ ਲਿਆਏ, ਉਹਨਾਂ ਦੇ (ਈਮਾਨ ਦਾ) ਬਦਲਾ ਦਿੱਤਾ ਅਤੇ ਇਹਨਾਂ ਵਿੱਚੋਂ ਵਧੇਰੇ ਲੋਕ ਤਾਂ ਝੂਠੇ ਹਨ।

ثُمَّ قَفَّيْنَا عَلَىٰ آثَارِهِم بِرُسُلِنَا وَقَفَّيْنَا بِعِيسَى
ابْنِ مَرْيَمَ وَآتَيْنَاهُ الْإِنجِيلَ ۙ وَجَعَلْنَا فِي قُلُوبِ
الَّذِينَ اتَّبَعُوهُ رَأْفَةً وَرَحْمَةً ۚ وَرَهْبَانِيَّةً
ابْتَدَعُوهَا مَا كَتَبْنَاهَا عَلَيْهِمْ إِلَّا ابْتِغَاءَ رِضْوَانِ
اللَّهِ فَمَا رَعَوْهَا حَقَّ رِعَايَتِهَا ۖ فَآتَيْنَا الَّذِينَ
آمَنُوا مِنْهُمْ أَجْرَهُمْ ۖ وَكَثِيرٌ مِّنْهُمْ فَاسِقُونَ ﴿27﴾

28. ਹੇ ਈਮਾਨ ਵਾਲਿਓ! ਤੁਸੀਂ ਅੱਲਾਹ ਤੋਂ ਡਰੋ ਅਤੇ ਉਸ ਦੇ ਰਸੂਲਾਂ ਉੱਤੇ ਈਮਾਨ ਲਿਆਓ, ਅੱਲਾਹ ਤੁਹਾਨੂੰ ਆਪਣੀ ਮਿਹਰ ਦਾ ਦੂਹਰਾ ਹਿੱਸਾ ਬਖ਼ਸ਼ੇਗਾ ਅਤੇ ਤੁਹਾਡੇ ਲਈ ਅਜਿਹਾ ਨੂਰ ਬਣਾਵੇਗਾ ਜਿਸ ਦੀ ਰੌਸ਼ਨੀ ਵਿਚ ਤੁਸੀਂ ਚੱਲੋਗੇ ਅਤੇ ਉਹ ਤੁਹਾਨੂੰ ਬਖ਼ਸ਼ ਦੇਵੇਗਾ। ਅੱਲਾਹ ਮੁਆਫ਼ ਕਰਨ ਵਾਲਾ ਅਤੇ ਅਤਿਅੰਤ ਰਹਿਮ ਫ਼ਰਮਾਉਣ ਵਾਲਾ ਹੈ।

يَا أَيُّهَا الَّذِينَ آمَنُوا اتَّقُوا اللَّهَ وَآمِنُوا بِرَسُولِهِ
يُؤْتِكُمْ كِفْلَيْنِ مِن رَّحْمَتِهِ وَيَجْعَل لَّكُمْ نُورًا
تَمْشُونَ بِهِ وَيَغْفِرْ لَكُمْ ۚ وَاللَّهُ غَفُورٌ رَّحِيمٌ ﴿28﴾

29. ਤਾਂ ਜੋ ਕਿਤਾਬ ਵਾਲੇ (ਯਹੂਦੀ ਅਤੇ ਈਸਾਈ) ਇਹ ਜਾਣ ਲੈਣ ਕਿ ਉਹ ਅੱਲਾਹ ਦੀ ਕ੍ਰਿਪਾਲਤਾ ਨਾਲ ਕਿਸੇ ਸ਼ੈਅ 'ਤੇ ਕੁਦਰਤ ਨਹੀਂ ਰੱਖਦੇ। ਬੇਸ਼ੱਕ ਸਾਰੇ ਫ਼ਜ਼ਲ (ਕ੍ਰਿਪਾਲਤਾ ਤੇ ਬਖ਼ਸ਼ਿਸ਼ਾਂ) ਅੱਲਾਹ ਦੇ ਹੱਥ ਵਿਚ ਹੀ ਹਨ। ਉਹ ਜਿਸ ਨੂੰ ਚਾਹੁੰਦਾ ਹੈ (ਆਪਣੀ ਕ੍ਰਿਪਾ ਨਾਲ) ਦੇ ਦਿੰਦਾ ਹੈ ਅਤੇ ਅੱਲਾਹ ਅਤਿਅੰਤ ਕ੍ਰਿਪਾਲੂ ਹੈ।

لِّئَلَّا يَعْلَمَ أَهْلُ الْكِتَابِ أَلَّا يَقْدِرُونَ عَلَىٰ شَيْءٍ
مِّن فَضْلِ اللَّهِ ۙ وَأَنَّ الْفَضْلَ بِيَدِ اللَّهِ يُؤْتِيهِ
مَن يَشَاءُ ۚ وَاللَّهُ ذُو الْفَضْلِ الْعَظِيمِ ﴿29﴾

---

[1] ਵੇਖੋ ਸੂਰਤ ਅਲ-ਕਸਸ, ਹਾਸ਼ੀਆ ਆਇਤ 54/28 ਅਤੇ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

58. ਸੂਰਤ ਅਲ-ਮੁਜਾਦਲਾ (ਮੱਕੀ-105)

(ਆਇਤਾਂ 22, ਰੁਕੂਅ 3)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

1. (ਹੇ ਨਬੀ!) ਅੱਲਾਹ ਨੇ ਉਸ ਜ਼ਨਾਨੀ (ਬੀਬੀ ਖ਼ੌਲਾ) ਦੀ ਗੱਲ ਸੁਣ ਲਈ ਜਦੋਂ ਉਹ ਆਪਣੇ ਪਤੀ (ਔਸ ਬਿਨ ਸਾਮਤ) ਦੇ ਸੰਬੰਧ ਵਿਚ ਤੁਹਾਡੇ ਨਾਲ ਝਗੜ ਰਹੀ ਸੀ। ਉਹ ਅੱਲਾਹ ਅੱਗੇ ਸ਼ਿਕਾਇਤ ਕਰ ਰਹੀ ਸੀ ਅਤੇ ਅੱਲਾਹ ਤੁਹਾਡੇ ਦੋਵਾਂ ਦੀ ਗੱਲ-ਬਾਤ ਸੁਣ ਰਿਹਾ ਸੀ। ਬੇਸ਼ੱਕ ਅੱਲਾਹ ਵੱਡਾ ਸੁਣਨ ਵਾਲਾ ਅਤੇ ਵੇਖਣ ਵਾਲਾ ਹੈ।

2 ਤੁਹਾਡੇ ਵਿੱਚੋਂ ਜਿਹੜੇ ਲੋਕ ਆਪਣੀਆਂ ਪਤਨੀਆਂ ਨਾਲ 'ਜ਼ਿਹਾਰ' ਕਰ ਬੈਠਦੇ ਹੈ ਉਹ ਉਹਨਾਂ ਦੀਆਂ ਮਾਵਾਂ ਨਹੀਂ, ਉਹਨਾਂ ਦੀਆਂ ਮਾਵਾਂ ਤਾਂ ਉਹੀਓ ਹਨ ਜਿਨ੍ਹਾਂ ਨੇ ਉਹਨਾਂ ਨੂੰ ਜਣਿਆ ਹੈ। ਬੇਸ਼ੱਕ ਇਹ ਲੋਕ ਬਹੁਤ ਹੀ ਭੈੜੀ ਤੇ ਝੂਠੀ ਗੱਲ ਆਖਦੇ ਹਨ। ਬੇਸ਼ੱਕ ਅੱਲਾਹ ਵੱਡਾ ਖਿਮਾ ਕਰਨ ਵਾਲਾ ਤੇ ਬਖ਼ਸ਼ਣਹਾਰ ਹੈ।

3 ਜਿਹੜੇ ਲੋਕੀ ਆਪਣੀਆਂ ਪਤਨੀਆਂ ਨਾਲ 'ਜ਼ਿਹਾਰ' ਕਰਨ ਫੇਰ ਆਪਣੀ ਆਖੀ ਹੋਈ ਗੱਲ ਤੋਂ ਮੁੜ ਆਉਣਾ ਚਾਹੁੰਦੇ ਹਨ ਤਾਂ ਇਕ ਦੂਜੇ ਨੂੰ ਹੱਥ ਲਾਉਣ ਤੋਂ ਪਹਿਲਾਂ (ਪਤੀ ਨੂੰ) ਇਕ ਗ਼ੁਲਾਮ ਅਜ਼ਾਦ ਕਰਨਾ ਚਾਹੀਦਾ ਹੈ। ਇਸ (ਹੁਕਮ) ਦੀ ਤੁਹਾਨੂੰ ਨਸੀਹਤ ਕੀਤੀ ਜਾਂਦੀ ਹੈ ਅਤੇ ਅੱਲਾਹ ਨੂੰ ਇਸ ਗੱਲ ਦੀ ਖ਼ਬਰ ਹੈ ਜੋ ਤੁਸੀਂ ਕਰਦੇ ਹੋ।

سُوْرَةُ الْمُجَادِلَةِ

بِسْمِ اللّٰهِ الرَّحْمٰنِ الرَّحِيْمِ

قَدْ سَمِعَ اللّٰهُ قَوْلَ الَّتِيْ تُجَادِلُكَ فِيْ
زَوْجِهَا وَتَشْتَكِيْٓ اِلَى اللّٰهِ ۖ وَاللّٰهُ يَسْمَعُ تَحَاوُرَكُمَا ۭ
اِنَّ اللّٰهَ سَمِيْعٌۢ بَصِيْرٌ ١

اَلَّذِيْنَ يُظٰهِرُوْنَ مِنْكُمْ مِّنْ نِّسَاۗىِٕهِمْ مَّا هُنَّ
اُمَّهٰتِهِمْ ۭ اِنْ اُمَّهٰتُهُمْ اِلَّا الّٰۗـِٔيْ وَلَدْنَهُمْ ۭ وَاِنَّهُمْ
لَيَقُوْلُوْنَ مُنْكَرًا مِّنَ الْقَوْلِ وَزُوْرًا ۭ وَاِنَّ اللّٰهَ
لَعَفُوٌّ غَفُوْرٌ ٢

وَالَّذِيْنَ يُظٰهِرُوْنَ مِنْ نِّسَاۗىِٕهِمْ ثُمَّ يَعُوْدُوْنَ
لِمَا قَالُوْا فَتَحْرِيْرُ رَقَبَةٍ مِّنْ قَبْلِ اَنْ يَّتَمَاۗسَّا ۭ
ذٰلِكُمْ تُوْعَظُوْنَ بِهٖ ۭ وَاللّٰهُ بِمَا تَعْمَلُوْنَ خَبِيْرٌ ٣

---

[1] ਜ਼ਿਹਾਰ ਤੋਂ ਭਾਵ ਹੈ ਕਿ ਪਤਨੀ ਨੂੰ ਇਹ ਕਹਿ ਦੇਣਾ ਕਿ ਤੇਰੀ ਪਿਠ ਮੇਰੇ ਲਈ ਮੇਰੀ ਮਾਂ ਦੀ ਪਿਠ ਵਾਂਗ ਹੈ ਜਾਂ ਇਹ ਕਹਿ ਦੇਣਾ ਕਿ ਤੂੰ ਮੇਰੇ ਉੱਤੇ ਮੇਰੀ ਮਾਂ ਵਾਂਗ ਹੀ ਹਰਾਮ ਹੈ।

4. ਫੇਰ ਜਿਸ ਵਿਅਕਤੀ ਨੂੰ ਗ਼ੁਲਾਮ ਨਾ ਜੁੜੇ ਤਾਂ ਉਹ ਦੋ ਮਹੀਨਿਆਂ ਦੇ ਲਗਾਤਾਰ ਰੋਜ਼ੇ ਰੱਖੇ ਇਸ ਤੋਂ ਪਹਿਲਾਂ ਕਿ ਉਹ ਇਕ ਦੂਜੇ ਨੂੰ ਹੱਥ ਲਾਉਣ। ਫੇਰ ਜੋ ਇਸ ਦੀ ਹਿੰਮਤ ਨਾ ਰੱਖਦਾ ਹੋਵੇ ਉਹ ਸੱਠ ਮੁਹਤਾਜਾਂ ਨੂੰ ਭੋਜਨ ਕਰਾਵੇ। ਇਹ ਹੁਕਮ ਇਸ ਲਈ ਹਨ ਕਿ ਤੁਸੀਂ ਅੱਲਾਹ ਤੇ ਉਸ ਦੇ ਰਸੂਲ ਉੱਤੇ ਈਮਾਨ ਲਿਆਏ ਹੋ। ਇਹ ਅੱਲਾਹ ਦੀਆਂ ਹੱਦਾਂ ਹਨ, ਨਾ ਮੰਨਣ ਵਾਲਿਆਂ ਲਈ ਦਰਦਨਾਕ ਅਜ਼ਾਬ ਹੈ।

فَمَنْ لَّمْ يَجِدْ فَصِيَامُ شَهْرَيْنِ مُتَتَابِعَيْنِ مِنْ
قَبْلِ أَنْ يَّتَمَآسَّا ۚ فَمَنْ لَّمْ يَسْتَطِعْ فَإِطْعَامُ سِتِّيْنَ
مِسْكِيْنًا ۚ ذٰلِكَ لِتُؤْمِنُوْا بِاللّٰهِ وَرَسُوْلِهٖ ۚ وَتِلْكَ
حُدُوْدُ اللّٰهِ ۚ وَلِلْكٰفِرِيْنَ عَذَابٌ أَلِيْمٌ ④

5. ਬੇਸ਼ੱਕ ਜਿਹੜੇ ਲੋਕ ਅੱਲਾਹ ਤੇ ਉਸ ਦੇ ਰਸੂਲ ਦੀ ਵਿਰੋਧਤਾ ਕਰਦੇ ਹਨ ਉਹਨਾਂ ਨੂੰ ਰੁਸਵਾ ਕੀਤਾ ਜਾਵੇਗਾ, ਜਿਵੇਂ ਉਹ ਲੋਕ ਰੁਸਵਾ (ਹੀਣੇ) ਹੋਏ ਸਨ ਜਿਹੜੇ ਇਹਨਾਂ ਤੋਂ ਪਹਿਲਾਂ ਸਨ। ਅਸੀਂ ਸਪਸ਼ਟ ਆਦੇਸ਼ ਉਤਾਰੇ ਹਨ ਤੇ ਨਾ ਮੰਨਣ ਵਾਲਿਆਂ ਲਈ ਹੀਣਤਾ ਭਰਿਆ ਅਜ਼ਾਬ ਹੈ।

إِنَّ الَّذِيْنَ يُحَآدُّوْنَ اللّٰهَ وَرَسُوْلَهٗ كُبِتُوْا كَمَا كُبِتَ
الَّذِيْنَ مِنْ قَبْلِهِمْ وَقَدْ أَنْزَلْنَآ اٰيٰتٍۭ بَيِّنٰتٍ ۚ
وَلِلْكٰفِرِيْنَ عَذَابٌ مُّهِيْنٌ ⑤ [1]

6. ਜਿਸ ਦਿਹਾੜੇ ਅੱਲਾਹ ਉਹਨਾਂ ਸਭ ਲੋਕਾਂ ਨੂੰ ਮੁੜ ਸੁਰਜੀਤ ਕਰੇਗਾ ਫੇਰ ਇਹਨਾਂ ਨੂੰ ਦੱਸੇਗਾ ਕਿ ਉਹਨਾਂ ਨੇ ਕੀ ਕੰਮ ਕੀਤੇ ਹਨ। ਅੱਲਾਹ ਨੇ ਉਹਨਾਂ ਸਭ ਦੇ ਕਰਮਾਂ ਨੂੰ ਗਿਣ ਰੱਖਿਆ ਹੈ ਜਦ ਕਿ ਉਹ ਤਾਂ ਉਹਨਾਂ ਨੂੰ ਭੁੱਲੀ ਬੈਠੇ ਸੀ। ਜਦ ਕਿ ਅੱਲਾਹ ਹਰ ਚੀਜ਼ ਦਾ ਰਾਖਾ ਹੈ।

يَوْمَ يَبْعَثُهُمُ اللّٰهُ جَمِيْعًا فَيُنَبِّئُهُمْ بِمَا عَمِلُوْا ۚ أَحْصٰىهُ
اللّٰهُ وَنَسُوْهُ ۚ وَاللّٰهُ عَلٰى كُلِّ شَيْءٍ شَهِيْدٌ ⑥

7. (ਹੇ ਨਬੀ!) ਕੀ ਤੁਸੀਂ ਨਹੀਂ ਵੇਖਦੇ ਕਿ ਬੇਸ਼ੱਕ ਅੱਲਾਹ ਸਭ ਜਾਣਦਾ ਹੈ ਜੋ ਕੁੱਝ ਅਕਾਸ਼ਾਂ ਵਿਚ ਹੈ ਅਤੇ ਜੋ ਧਰਤੀ ਵਿਚ ਹੈ। ਤਿੰਨ (ਵਿਅਕਤੀਆਂ) ਵਿਚਾਲੇ ਕਦੇ ਕੋਈ ਕਾਨਾਫੂਸੀ ਨਹੀਂ ਹੁੰਦੀ ਜਦ ਕਿ ਉਹਨਾਂ ਵਿਚਾਲੇ 'ਚੌਥਾ' (ਭਾਵ ਅੱਲਾਹ) ਹੁੰਦਾ

أَلَمْ تَرَ أَنَّ اللّٰهَ يَعْلَمُ مَا فِي السَّمٰوٰتِ وَمَا فِي الْأَرْضِ ۚ
مَا يَكُوْنُ مِنْ نَّجْوٰى ثَلٰثَةٍ إِلَّا هُوَ رَابِعُهُمْ وَلَا خَمْسَةٍ
إِلَّا هُوَ سَادِسُهُمْ وَلَآ أَدْنٰى مِنْ ذٰلِكَ وَلَآ أَكْثَرَ إِلَّا هُوَ
مَعَهُمْ أَيْنَ مَا كَانُوْا ۚ ثُمَّ يُنَبِّئُهُمْ بِمَا عَمِلُوْا يَوْمَ
الْقِيٰمَةِ ۚ إِنَّ اللّٰهَ بِكُلِّ شَيْءٍ عَلِيْمٌ ⑦

[1] ਵੇਖੋ ਸੂਰਹ ਆਲੇ-ਇਮਰਾਨ, ਹਾਸ਼ੀਆ ਆਇਤ 85/3

ਹੈ ਅਤੇ ਨਾ ਹੀ ਪੰਜ ਵਿਅਕਤੀਆਂ ਦੀ ਕਾਨਾਫੂਸੀ ਹੁੰਦੀ ਹੈ ਸਗੋਂ ਉਹਨਾਂ ਵਿਚਾਲੇ ਛੇਵਾਂ ਅੱਲਾਹ ਹੁੰਦਾ ਹੈ, ਉਹ ਭਾਵੇਂ ਘੱਟ ਹੋਣ ਜਾਂ ਵੱਧ, ਜਿੱਥੇ ਕਿਤੇ ਵੀ ਉਹ ਹੋਣ, ਉਹ ਉਹਨਾਂ ਦੇ ਨਾਲ ਹੁੰਦਾ ਹੈ। ਫੇਰ ਉਹ ਉਹਨਾਂ ਨੂੰ ਕਿਆਮਤ ਦਿਹਾੜੇ ਦੱਸ ਦੇਵੇਗਾ ਜਿਹੜੇ ਉਹ ਕੰਮ (ਸੰਸਾਰ ਵਿਚ) ਕਰਦੇ ਸਨ। ਬੇਸ਼ੱਕ ਅੱਲਾਹ ਹਰ ਚੀਜ਼ ਨੂੰ ਚੰਗੀ ਤਰ੍ਹਾਂ ਜਾਣਦਾ ਹੈ।[1]

8 ਕੀ ਤੁਸੀਂ ਉਹਨਾਂ ਲੋਕਾਂ ਨੂੰ ਨਹੀਂ ਵੇਖਿਆ ਜਿਨ੍ਹਾਂ ਨੂੰ ਕਾਨਾਫੂਸੀ ਕਰਨ ਤੋਂ ਰੋਕਿਆ ਗਿਆ ਸੀ ਫੇਰ ਵੀ ਉਹ ਉਹੀਓ (ਹਰਕਤਾਂ) ਕਰੀ ਜਾ ਰਹੇ ਹਨ, ਜਿਨ੍ਹਾਂ ਤੋਂ ਉਹਨਾਂ ਨੂੰ ਰੋਕਿਆ ਗਿਆ ਸੀ? ਉਹ ਪਾਪ, ਵਧੀਕੀ ਤੇ ਰਸੂਲ ਦੀ ਅਵੱਗਿਆ ਦੀਆਂ ਗੱਲਾਂ (ਭਾਵ ਸਾਜ਼ਿਸ਼ਾਂ) ਕਰਦੇ ਹਨ। (ਹੇ ਨਬੀ!) ਜਦੋਂ ਉਹ ਤੁਹਾਡੇ ਕੋਲ ਆਉਂਦੇ ਹਨ ਤਾਂ ਤੁਹਾਨੂੰ ਉਹਨਾਂ (ਸ਼ਬਦਾਂ) ਨਾਲ ਸਲਾਮ ਆਖਦੇ ਹਨ ਕਿ ਅੱਲਾਹ ਨੇ ਕਦੇ ਤੁਹਾਨੂੰ ਉਹਨਾਂ ਸ਼ਬਦਾਂ ਨਾਲ ਸਲਾਮ ਨਹੀਂ ਕੀਤਾ ਅਤੇ ਉਹ ਆਪਣੇ ਮਨ ਵਿਚ ਆਖਦੇ ਹਨ ਕਿ ਅਸੀਂ ਜੋ ਆਖਦੇ ਹਾਂ ਅੱਲਾਹ ਸਾਨੂੰ ਇਹਨਾਂ ਗੱਲਾਂ ਉੱਤੇ ਅਜ਼ਾਬ ਕਿਉਂ ਨਹੀਂ ਦਿੰਦਾ? ਹੇ ਨਬੀ! ਉਹਨਾਂ ਲਈ ਤਾਂ ਨਰਕ ਹੀ ਬਥੇਰੀ ਹੈ, ਉਹ ਉਸੇ ਵਿਚ ਦਾਖ਼ਲ ਕੀਤੇ ਜਾਣਗੇ। ਉਹ ਬਹੁਤ ਹੀ ਭੈੜਾ ਟਿਕਾਣਾ ਹੈ।

أَلَمْ تَرَ إِلَى الَّذِينَ نُهُوا عَنِ النَّجْوَىٰ ثُمَّ يَعُودُونَ
لِمَا نُهُوا عَنْهُ وَيَتَنَاجَوْنَ بِالْإِثْمِ وَالْعُدْوَانِ
وَمَعْصِيَتِ الرَّسُولِ وَإِذَا جَاءُوكَ حَيَّوْكَ بِمَا لَمْ
يُحَيِّكَ بِهِ اللَّهُ وَيَقُولُونَ فِي أَنفُسِهِمْ لَوْلَا يُعَذِّبُنَا
اللَّهُ بِمَا نَقُولُ حَسْبُهُمْ جَهَنَّمُ يَصْلَوْنَهَا فَبِئْسَ
الْمَصِيرُ ٨

9 ਹੇ ਈਮਾਨ ਵਾਲਿਓ! ਜਦੋਂ ਤੁਸੀਂ ਆਪੋ ਵਿਚ ਗੁਪਤ ਗੱਲਾਂ ਕਰੋ ਤਾਂ ਪਾਪ, ਵਧੀਕੀ ਤੇ ਰਸੂਲ ਦੀ ਨਾ-ਫ਼ਰਮਾਨੀਆਂ ਵਾਲੀਆਂ ਗੱਲਾਂ ਨਾ ਕਰੋ,

يَا أَيُّهَا الَّذِينَ آمَنُوا إِذَا تَنَاجَيْتُمْ فَلَا تَتَنَاجَوْا بِالْإِثْمِ
وَالْعُدْوَانِ وَمَعْصِيَتِ الرَّسُولِ وَتَنَاجَوْا بِالْبِرِّ
وَالتَّقْوَىٰ وَاتَّقُوا اللَّهَ الَّذِي إِلَيْهِ تُحْشَرُونَ ٩

[1] ਵੇਖੋ ਸੂਰਤ ਹੂਦ, ਹਾਸ਼ੀਆ ਆਇਤ 18/11

ਸਗੋਂ ਨੇਕੀ ਤੇ ਪਰਹੇਜ਼ਗਾਰੀ ਦੀਆਂ ਗੱਲਾਂ ਕਰੋ। ਅੱਲਾਹ ਤੋਂ ਡਰੋ ਜਿਸ ਦੀ ਹਜ਼ੂਰੀ ਵਿਚ ਤੁਸੀਂ ਇਕੱਤਰ ਹੋਣਾ ਹੈ।

10 (ਭੈੜੀ) ਕਾਨਾਫੂਸੀ ਤਾਂ ਸ਼ੈਤਾਨ ਵੱਲੋਂ ਹੀ ਹੁੰਦੀ ਹੈ, ਤਾਂ ਜੋ ਉਹ ਈਮਾਨ ਵਾਲਿਆਂ ਨੂੰ ਦੁਖੀ ਕਰ ਸਕੇ ਜਦ ਕਿ ਉਹ ਉਹਨਾਂ ਨੂੰ ਅੱਲਾਹ ਦੇ ਹੁਕਮ ਤੋਂ ਬਿਨਾਂ ਕੋਈ ਹਾਨੀ ਨਹੀਂ ਪੁਚਾ ਸਕਦਾ। ਮੋਮਿਨਾਂ ਨੂੰ ਤਾਂ ਅੱਲਾਹ ਉੱਤੇ ਹੀ ਭਰੋਸਾ ਰੱਖਣਾ ਚਾਹੀਦਾ ਹੈ।[1]

إِنَّمَا النَّجْوَىٰ مِنَ الشَّيْطَانِ لِيَحْزُنَ الَّذِينَ آمَنُوا وَلَيْسَ بِضَارِّهِمْ شَيْئًا إِلَّا بِإِذْنِ اللَّهِ ۚ وَعَلَى اللَّهِ فَلْيَتَوَكَّلِ الْمُؤْمِنُونَ ⑩

11 ਹੇ ਈਮਾਨ ਵਾਲਿਓ! ਜਦੋਂ ਤੁਹਾਨੂੰ ਆਖਿਆ ਜਾਵੇ ਕਿ ਆਪਣੀਆਂ ਮਜਲਿਸਾਂ (ਸਭਾਵਾਂ) ਵਿਚ ਖੁੱਲ੍ਹ ਪੈਦਾ ਕਰੋ ਤਾਂ ਖੋਲ ਦਿਆ ਕਰੋ, ਅੱਲਾਹ ਤੁਹਾਨੂੰ ਖੁੱਲ੍ਹ ਬਖ਼ਸ਼ੇਗਾ। ਜਦੋਂ ਆਖਿਆ ਜਾਵੇ ਕਿ ਉੱਠ ਜਾਓ ਤਾਂ ਉੱਠ ਖੜ੍ਹੇ ਹੋ ਜਾਇਆ ਕਰੋ। ਤੁਹਾਡੇ ਵਿੱਚੋਂ ਜਿਹੜੇ ਈਮਾਨ ਲਿਆਏ ਹਨ ਅਤੇ ਜਿਨ੍ਹਾਂ ਨੂੰ ਗਿਆਨ ਬਖ਼ਸ਼ਿਆ ਗਿਆ ਹੈ ਅੱਲਾਹ ਉਹਨਾਂ ਦੇ ਦਰਜਿਆਂ ਨੂੰ ਉੱਚਾ ਕਰੇਗਾ, ਅੱਲਾਹ ਨੂੰ ਸਭ ਖ਼ਬਰ ਹੈ ਜੋ ਵੀ ਤੁਸੀਂ ਕਰਦੇ ਹੋ।

يَا أَيُّهَا الَّذِينَ آمَنُوا إِذَا قِيلَ لَكُمْ تَفَسَّحُوا فِي الْمَجَالِسِ فَافْسَحُوا يَفْسَحِ اللَّهُ لَكُمْ ۖ وَإِذَا قِيلَ انشُزُوا فَانشُزُوا يَرْفَعِ اللَّهُ الَّذِينَ آمَنُوا مِنكُمْ وَالَّذِينَ أُوتُوا الْعِلْمَ دَرَجَاتٍ ۚ وَاللَّهُ بِمَا تَعْمَلُونَ خَبِيرٌ ⑪

12 ਹੇ ਈਮਾਨ ਵਾਲਿਓ! ਜਦੋਂ ਤੁਸੀਂ ਰਸੂਲ ਨਾਲ ਗੁਪਤ ਵਾਰਤਾ ਕਰੋ ਤਾਂ ਆਪਣੀ ਵਾਰਤਾਲਾਪ ਤੋਂ ਪਹਿਲਾਂ ਕੁੱਝ ਸਦਕਾ (ਦਾਨ) ਕਰ ਦਿਆ ਕਰੋ। ਇਹ ਤੁਹਾਡੇ ਲਈ ਚੰਗੇਰਾ ਹੈ ਤੇ ਪਵਿੱਤਰਤਾ ਵਿਚ ਵੀ ਵੱਧ ਹੈ। ਜੇ ਤੁਹਾਡੇ ਵਿਚ (ਪੁੰਨ ਦਾਨ ਕਰਨ

يَا أَيُّهَا الَّذِينَ آمَنُوا إِذَا نَاجَيْتُمُ الرَّسُولَ فَقَدِّمُوا بَيْنَ يَدَيْ نَجْوَاكُمْ صَدَقَةً ۚ ذَٰلِكَ خَيْرٌ لَّكُمْ وَأَطْهَرُ ۚ فَإِن لَّمْ تَجِدُوا فَإِنَّ اللَّهَ غَفُورٌ رَّحِيمٌ ⑫

[1] ਅੱਲਾਹ 'ਤੇ ਭਰੋਸਾ ਇਕ ਮੋਮਿਨ ਦਾ ਸਭ ਤੋਂ ਵੱਡਾ ਹਥਿਆਰ ਤੇ ਸਹਾਰਾ ਹੈ। ਹਦੀਸ ਵਿਚ ਹੈ ਕਿ ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਮੇਰੀ ਉੱਮਤ ਦੇ ਸੱਤਰ ਹਜ਼ਾਰ ਵਿਅਕਤੀ ਬਿਨਾਂ ਲੇਖਾ-ਜੋਖਾ ਤੋਂ ਜੰਨਤ ਵਿਚ ਜਾਣਗੇ ਅਤੇ ਇਹ ਲੋਕ ਉਹ ਹਨ ਜਿਹੜੇ ਦਮ ਨਹੀਂ ਕਰਵਾਉਂਦੇ ਨਾ ਹੀ ਸ਼ਗਨ ਲੈਂਦੇ ਹਨ ਅਤੇ ਉਹ ਆਪਣੇ ਅੱਲਾਹ ਉੱਤੇ ਭਰੋਸਾ ਕਰਦੇ ਹਨ। (ਸਹੀ ਬੁਖ਼ਾਰੀ, ਹਦੀਸ: 6472)

ਦੀ) ਸਮਰਥਾ ਨਹੀਂ ਹੈ (ਤਾਂ ਕੋਈ ਗੱਲ ਨਹੀਂ) ਬੇਸ਼ੱਕ ਅੱਲਾਹ ਵੱਡਾ ਬਖਸ਼ਣਹਾਰ ਅਤੇ ਮਿਹਰਬਾਨ ਹੈ।

13 ਕੀ ਤੁਸੀਂ ਇਸ ਗੱਲੋਂ ਡਰ ਗਏ ਕਿ ਗੁਪਤ ਵਾਰਤਾ ਤੋਂ ਪਹਿਲਾਂ ਤੁਹਾਨੂੰ ਪੁੰਨ-ਦਾਨ ਕਰਨਾ ਪਵੇਗਾ? ਚੰਗਾ! ਜੇ ਤੁਸੀਂ ਇੰਜ ਨਹੀਂ ਕੀਤਾ ਤਾਂ ਅੱਲਾਹ ਨੇ ਤੁਹਾਨੂੰ ਇਸ ਤੋਂ ਮੁਆਫ਼ ਕਰ ਦਿੱਤਾ। ਸੋ ਤੁਸੀਂ ਨਮਾਜ਼ ਕਾਇਮ ਕਰੋ ਤੇ ਜ਼ਕਾਤ ਅਦਾ ਕਰੋ ਅਤੇ ਅੱਲਾਹ ਅਤੇ ਉਸ ਦੇ ਰਸੂਲ ਦੀ ਤਾਬੇਦਾਰੀ ਕਰੋ। ਅੱਲਾਹ ਨੂੰ ਸਭ ਪਤਾ ਹੈ ਜੋ ਤੁਸੀਂ ਕਰਦੇ ਹੋ।

ءَأَشْفَقْتُمْ أَنْ تُقَدِّمُوا بَيْنَ يَدَيْ نَجْوَاكُمْ
صَدَقَاتٍ ۚ فَإِذْ لَمْ تَفْعَلُوا وَتَابَ اللَّهُ عَلَيْكُمْ
فَأَقِيمُوا الصَّلَاةَ وَآتُوا الزَّكَاةَ وَأَطِيعُوا اللَّهَ
وَرَسُولَهُ ۚ وَاللَّهُ خَبِيرٌ بِمَا تَعْمَلُونَ ﴿١٣﴾

14 ਕੀ ਤੁਸੀਂ ਉਹਨਾਂ (ਮੁਨਾਫ਼ਿਕ) ਲੋਕਾਂ ਨੂੰ ਨਹੀਂ ਵੇਖਿਆ ਕਿ ਜਿਨ੍ਹਾਂ ਨੇ ਉਸ ਕੌਮ (ਯਹੂਦੀਆਂ) ਨਾਲ ਮਿੱਤਰਤਾ ਕੀਤੀ ਜਿਨ੍ਹਾਂ ਉੱਤੇ ਅੱਲਾਹ ਦੀ ਕਰੋਪੀ ਹੋਈ ਸੀ? ਨਾ ਉਹ ਤੁਹਾਡੇ ਵਿੱਚੋਂ ਹਨ ਅਤੇ ਨਾ ਹੀ ਉਹਨਾਂ (ਕਾਫ਼ਿਰਾਂ) ਵਿੱਚੋਂ ਹਨ, ਉਹ ਝੂਠੀਆਂ ਕਸਮਾਂ ਖਾਂਦੇ ਹਨ ਹਾਲਾਂ ਕਿ ਉਹ ਸਭ ਜਾਣਦੇ ਹਨ।

أَلَمْ تَرَ إِلَى الَّذِينَ تَوَلَّوْا قَوْمًا غَضِبَ اللَّهُ
عَلَيْهِمْ مَا هُمْ مِنْكُمْ وَلَا مِنْهُمْ وَيَحْلِفُونَ
عَلَى الْكَذِبِ وَهُمْ يَعْلَمُونَ ﴿١٤﴾

15. ਕਿ ਅੱਲਾਹ ਨੇ ਉਹਨਾਂ ਲਈ ਕਰੜਾ ਅਜ਼ਾਬ ਤਿਆਰ ਕਰ ਛੱਡਿਆ ਹੈ, ਬਹੁਤ ਹੀ ਭੈੜੀਆਂ ਕਰਤੂਤਾਂ ਹਨ ਜਿਹੜੀਆਂ ਉਹ ਕਰਦੇ ਹਨ।

أَعَدَّ اللَّهُ لَهُمْ عَذَابًا شَدِيدًا ۖ إِنَّهُمْ سَاءَ
مَا كَانُوا يَعْمَلُونَ ﴿١٥﴾

16 ਉਹਨਾਂ ਨੇ ਆਪਣੀਆਂ ਕਸਮਾਂ ਨੂੰ ਢਾਲ ਬਣਾ ਛੱਡਿਆ ਹੈ, ਉਹ ਲੋਕਾਂ ਨੂੰ ਅੱਲਾਹ ਦੇ ਰਾਹ ਤੋਂ ਰੋਕਦੇ ਹਨ, ਸੋ ਉਹਨਾਂ ਲਈ ਜ਼ਲੀਲ ਕਰਨ ਵਾਲਾ ਅਜ਼ਾਬ ਹੈ।

اتَّخَذُوا أَيْمَانَهُمْ جُنَّةً فَصَدُّوا عَنْ سَبِيلِ اللَّهِ
فَلَهُمْ عَذَابٌ مُهِينٌ ﴿16﴾

17. ਉਹਨਾਂ ਦੀ ਧਨ-ਦੌਲਤ ਤੇ ਉਹਨਾਂ ਦੀ ਸੰਤਾਨ ਉਹਨਾਂ ਨੂੰ ਅੱਲਾਹ ਦੇ ਅਜ਼ਾਬ ਤੋਂ ਬਚਾਉਣ ਲਈ (ਕਿਆਮਤ ਦਿਹਾੜੇ) ਕੁੱਝ ਕੰਮ ਨਹੀਂ ਆਵੇਗੀ,

لَنْ تُغْنِيَ عَنْهُمْ أَمْوَالُهُمْ وَلَا أَوْلَادُهُمْ مِنَ اللَّهِ
شَيْئًا ۚ أُولَٰئِكَ أَصْحَابُ النَّارِ ۖ هُمْ فِيهَا خَالِدُونَ ﴿17﴾

ਇਹੋ ਲੋਕ ਨਰਕੀ ਹਨ, ਉਹ ਇਸ ਵਿਚ ਸਦਾ ਲਈ ਰਹਿਣਗੇ।

18. ਜਿਸ ਦਿਨ ਅੱਲਾਹ ਉਹਨਾਂ ਸਭ ਨੂੰ ਮੁੜ ਸੁਰਜੀਤ ਕਰੇਗਾ ਤਾਂ ਉਹ ਉਸ (ਅੱਲਾਹ) ਦੇ ਸਾਹਮਣੇ ਵੀ ਕਸਮਾਂ ਖਾਣਗੇ ਜਿਵੇਂ ਤੁਹਾਡੇ ਸਾਹਮਣੇ ਕਸਮਾਂ ਖਾਂਦੇ ਹਨ ਅਤੇ ਉਹ ਸਮਝਦੇ ਹਨ ਕਿ ਉਹ ਠੀਕ ਰਾਹ ਉੱਤੇ ਹਨ। ਸਾਵਧਾਨ ਰਹੋ! ਬੇਸ਼ੱਕ ਉਹ ਝੂਠੇ ਹਨ।

يَوْمَ يَبْعَثُهُمُ اللَّهُ جَمِيعًا فَيَحْلِفُونَ لَهُ كَمَا
يَحْلِفُونَ لَكُمْ ۖ وَيَحْسَبُونَ أَنَّهُمْ عَلَىٰ شَيْءٍ ۚ أَلَا
إِنَّهُمْ هُمُ الْكَاذِبُونَ ﴿١٨﴾

19. ਇਹਨਾਂ ਉੱਤੇ ਸ਼ੈਤਾਨ ਭਾਰੂ ਹੋ ਗਿਆ ਹੈ, ਫੇਰ ਉਸ ਨੇ ਉਹਨਾਂ ਦੇ ਦਿਲਾਂ 'ਚੋਂ ਅੱਲਾਹ ਦੀ ਯਾਦ ਨੂੰ ਭੁਲਾ ਛੱਡਿਆ ਹੈ, ਇਹ ਸ਼ੈਤਾਨ ਦਾ ਟੋਲਾ ਹੈ, ਬੇਸ਼ੱਕ ਸ਼ੈਤਾਨੀ ਟੋਲਾ ਹੀ ਘਾਟੇ ਵਿਚ ਰਹਿਣ ਵਾਲਾ ਹੈ।

اسْتَحْوَذَ عَلَيْهِمُ الشَّيْطَانُ فَأَنْسَاهُمْ ذِكْرَ اللَّهِ ۚ أُولَٰئِكَ حِزْبُ
الشَّيْطَانِ ۚ أَلَا إِنَّ حِزْبَ الشَّيْطَانِ هُمُ الْخَاسِرُونَ ﴿١٩﴾

20. ਬੇਸ਼ੱਕ ਜਿਹੜੇ ਲੋਕ ਅੱਲਾਹ ਤੇ ਉਸ ਦੇ ਰਸੂਲ ਦੀ ਵਿਰੋਧਤਾ ਕਰਦੇ ਹਨ ਉਹ ਸਭ ਤੋਂ ਵੱਧ ਹੀਣੇ ਲੋਕਾਂ ਵਿੱਚੋਂ ਹਨ।

إِنَّ الَّذِينَ يُحَادُّونَ اللَّهَ وَرَسُولَهُ أُولَٰئِكَ
فِي الْأَذَلِّينَ ﴿٢٠﴾

21. ਅੱਲਾਹ ਨੇ ਲਿਖ ਰੱਖਿਆ ਹੈ ਕਿ ਅੰਤ ਮੈਂ ਤੇ ਮੇਰੇ ਰਸੂਲ ਹੀ ਭਾਰੂ ਰਹਿਣਗੇ। ਬੇਸ਼ੱਕ ਅੱਲਾਹ ਵੱਡਾ ਬਲਵਾਨ ਅਤੇ ਜ਼ੋਰਾਵਰ ਹੈ।

كَتَبَ اللَّهُ لَأَغْلِبَنَّ أَنَا وَرُسُلِي ۚ إِنَّ اللَّهَ قَوِيٌّ
عَزِيزٌ ﴿٢١﴾

22. (ਹੇ ਨਬੀ!) ਤੁਸੀਂ ਕੋਈ ਵੀ ਕੌਮ ਅਜਿਹੀ ਨਹੀਂ ਵੇਖੋਗੇ ਜਿਹੜੀ ਅੱਲਾਹ ਤੇ ਕਿਆਮਤ ਦਿਹਾੜੇ ਉੱਤੇ ਈਮਾਨ ਰੱਖਦੀ ਹੋਵੇ ਪਰ ਉਹ ਉਹਨਾਂ ਲੋਕਾਂ ਨਾਲ ਦੋਸਤੀ ਕਰੇ ਜਿਹੜੇ ਅੱਲਾਹ ਤੇ ਉਸ ਦੇ ਰਸੂਲ ਦੀ ਵਿਰੋਧਤਾ ਕਰਦੇ ਹੋਣ, ਭਾਵੇਂ ਉਹ ਉਹਨਾਂ ਦੇ ਪਿਓ ਹਨ ਜਾਂ ਪੁੱਤਰ ਜਾਂ ਭਰਾ ਜਾਂ ਪਰਿਵਾਰ ਵਾਲੇ ਹੀ ਹੋਣ। ਇਹੋ ਉਹ ਲੋਕ ਹਨ ਜਿਨ੍ਹਾਂ ਦੇ ਦਿਲਾਂ ਵਿਚ ਅੱਲਾਹ ਨੇ ਈਮਾਨ ਲਿਖ ਛੱਡਿਆ ਹੈ ਅਤੇ ਆਪਣੇ ਵੱਲੋਂ ਰੂਹ ਭੇਜ ਕੇ ਭਾਵ ਗ਼ੈਬ ਤੋਂ ਉਹਨਾਂ ਦੀ ਸਹਾਇਤਾ ਕੀਤੀ ਹੈ ਉਹ ਉਹਨਾਂ ਨੂੰ ਅਜਿਹੀਆਂ ਜੰਨਤਾਂ ਵਿਚ ਦਾਖ਼ਲ

لَا تَجِدُ قَوْمًا يُؤْمِنُونَ بِاللَّهِ وَالْيَوْمِ الْآخِرِ يُوَادُّونَ مَنْ
حَادَّ اللَّهَ وَرَسُولَهُ وَلَوْ كَانُوا آبَاءَهُمْ أَوْ أَبْنَاءَهُمْ أَوْ
إِخْوَانَهُمْ أَوْ عَشِيرَتَهُمْ ۚ أُولَٰئِكَ كَتَبَ فِي قُلُوبِهِمُ الْإِيمَانَ
وَأَيَّدَهُمْ بِرُوحٍ مِنْهُ ۖ وَيُدْخِلُهُمْ جَنَّاتٍ تَجْرِي مِنْ
تَحْتِهَا الْأَنْهَارُ خَالِدِينَ فِيهَا ۚ رَضِيَ اللَّهُ عَنْهُمْ وَرَضُوا
عَنْهُ ۚ أُولَٰئِكَ حِزْبُ اللَّهِ ۚ أَلَا إِنَّ حِزْبَ اللَّهِ هُمُ
الْمُفْلِحُونَ ﴿٢٢﴾

ਕਰੇਗਾ ਜਿਨ੍ਹਾਂ ਦੇ ਹੇਠ ਨਹਿਰਾਂ ਵਗਦੀਆਂ ਹੋਣਗੀਆਂ, ਉਹ ਉਹਨਾਂ ਵਿਚ ਸਦਾ ਰਹਿਣਗੇ। ਅੱਲਾਹ ਉਹਨਾਂ ਤੋਂ ਰਾਜ਼ੀ ਹੋ ਗਿਆ ਅਤੇ ਉਹ ਅੱਲਾਹ ਤੋਂ ਰਾਜ਼ੀ ਹਨ, ਇਹੋ ਅੱਲਾਹ ਦਾ ਟੋਲਾ ਹੈ। ਜਾਣ ਲਓ! ਕਿ ਬੇਸ਼ੱਕ ਜਿਹੜਾ ਅੱਲਾਹ ਦਾ ਟੋਲਾ ਹੈ ਉਹੀਓ ਸਫ਼ਲਤਾ ਪ੍ਰਾਪਤ ਕਰਨ ਵਾਲਾ ਹੈ।

59. ਸੂਰਤ ਅਲ-ਹਸ਼ਰ (ਮਦਨੀ-101)

(ਆਇਤਾਂ 24, ਰੁਕੂਅ 3)

سُوْرَةُ الْحَشْرِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਅੱਲਾਹ ਦੀ ਪਵਿੱਤਰਤਾ ਦਾ ਵਰਣਨ ਹਰ ਉਹ ਚੀਜ਼ ਕਰ ਰਹੀ ਹੈ ਜਿਹੜੀ ਅਕਾਸ਼ਾਂ ਵਿਚ ਹੈ ਤੇ ਧਰਤੀ ਵਿਚ ਹੈ ਅਤੇ ਉਹੀਓ ਵੱਡਾ ਜ਼ੋਰਾਵਰ ਤੇ ਯੁਕਤੀਮਾਨ ਹੈ।

سَبَّحَ لِلّٰهِ مَا فِي السَّمٰوٰتِ وَمَا فِي الْاَرْضِ ۚ
وَهُوَ الْعَزِيْزُ الْحَكِيْمُ ﴿١﴾

2. ਇਹ ਅੱਲਾਹ ਉਹੀ ਹੈ ਜਿਸ ਨੇ ਕਿਤਾਬ ਵਾਲਿਆਂ ਦੇ ਇਨਕਾਰੀਆਂ ਨੂੰ ਪਹਿਲੇ ਦੇਸ਼ ਨਿਕਾਲੇ ਸਮੇਂ ਹੀ ਉਹਨਾਂ ਦੇ ਘਰੋਂ ਕੱਢ ਦਿੱਤਾ ਸੀ। (ਹੇ ਨਬੀ!) ਤੁਸੀਂ ਤਾਂ ਕਦੇ ਇਹ ਸੋਚਿਆ ਵੀ ਨਹੀਂ ਸੀ ਕਿ ਉਹ (ਮਦੀਨੇ ਤੋਂ) ਨਿਕਲਣਗੇ ਅਤੇ ਉਹ (ਅਹਿਲੇ ਕਿਤਾਬ) ਇਹ ਸਮਝਦੇ ਸਨ ਕਿ ਬੇਸ਼ੱਕ ਉਹਨਾਂ ਦੀਆਂ ਗੜ੍ਹੀਆਂ ਉਹਨਾਂ ਨੂੰ ਅੱਲਾਹ ਦੇ ਅਜ਼ਾਬ ਤੋਂ ਬਚਾ ਲੈਣਗੀਆਂ, ਪਰ ਉਹਨਾਂ ਉੱਤੇ ਅੱਲਾਹ ਦਾ ਅਜ਼ਾਬ ਉਸ ਪਾਸਿਓਂ ਆਇਆ ਜਿਧਰੋਂ ਉਹਨਾਂ ਦਾ ਧਿਆਨ ਵੀ ਨਹੀਂ ਸੀ ਗਿਆ। ਉਸੇ ਨੇ ਉਹਨਾਂ ਦੇ ਦਿਲਾਂ ਵਿਚ ਰੋਅਬ ਪਾ ਦਿੱਤਾ। ਉਹ ਆਪਣੇ ਹੱਥੀਂ ਆਪਣੇ ਘਰ ਉਜਾੜ ਰਹੇ ਸਨ ਅਤੇ ਮੋਮਿਨਾਂ ਦੇ

هُوَ الَّذِيْٓ اَخْرَجَ الَّذِيْنَ كَفَرُوْا مِنْ اَهْلِ الْكِتٰبِ مِنْ
دِيَارِهِمْ لِاَوَّلِ الْحَشْرِ ۭ مَا ظَنَنْتُمْ اَنْ يَّخْرُجُوْا وَظَنُّوْٓا
اَنَّهُمْ مَّانِعَتُهُمْ حُصُوْنُهُمْ مِّنَ اللّٰهِ فَاَتٰىهُمُ اللّٰهُ
مِنْ حَيْثُ لَمْ يَحْتَسِبُوْا ۤ وَقَذَفَ فِيْ قُلُوْبِهِمُ الرُّعْبَ
يُخْرِبُوْنَ بُيُوْتَهُمْ بِاَيْدِيْهِمْ وَاَيْدِي الْمُؤْمِنِيْنَ ۤ
فَاعْتَبِرُوْا يٰٓاُولِي الْاَبْصَارِ ﴿٢﴾

ਹੱਥ ਵੀ ਬਰਬਾਦ ਹੋ ਰਹੇ ਸਨ। ਸੋ ਹੇ ਅੱਖਾਂ ਵਾਲਿਓ! (ਇਸ ਘਟਨਾ ਤੋਂ) ਸਿੱਖਿਆ ਗ੍ਰਹਿਣ ਕਰੋ।

3 ਜੇ ਅੱਲਾਹ ਨੇ ਉਹਨਾਂ ਲਈ ਦੇਸ਼ ਨਿਕਾਲਾ ਨਾ ਲਿਖਿਆ ਹੁੰਦਾ ਤਾਂ ਉਹ ਉਹਨਾਂ ਨੂੰ ਸੰਸਾਰ ਵਿਚ ਹੀ ਅਜ਼ਾਬ ਦੇ ਸੁੱਟਦਾ ਅਤੇ ਪਰਲੋਕ ਵਿਚ ਤਾਂ ਉਹਨਾਂ ਲਈ ਅੱਗ ਦਾ ਅਜ਼ਾਬ ਹੈ।

وَلَوْلَآ أَن كَتَبَ ٱللَّهُ عَلَيْهِمُ ٱلْجَلَآءَ لَعَذَّبَهُمْ فِى ٱلدُّنْيَا ۖ وَلَهُمْ فِى ٱلْـَٔاخِرَةِ عَذَابُ ٱلنَّارِ ﴿٣﴾

4 ਇਹ (ਅਜ਼ਾਬ) ਇਸ ਲਈ ਹੈ ਕਿ ਉਹਨਾਂ ਨੇ ਅੱਲਾਹ ਤੇ ਉਸ ਦੇ ਰਸੂਲ ਦੀ ਵਿਰੋਧਤਾ ਕੀਤੀ ਹੈ ਅਤੇ ਜਿਹੜਾ ਵੀ ਕੋਈ ਅੱਲਾਹ ਦੀ ਵਿਰੋਧਤਾ ਕਰੇਗਾ ਤਾਂ ਬੇਸ਼ੱਕ ਉਸ ਨੂੰ ਅੱਲਾਹ ਕਰੜੀ ਸਜ਼ਾ ਦੇਣ ਵਾਲਾ ਹੈ।

ذَٰلِكَ بِأَنَّهُمْ شَآقُّوا۟ ٱللَّهَ وَرَسُولَهُۥ ۖ وَمَن يُشَآقِّ ٱللَّهَ فَإِنَّ ٱللَّهَ شَدِيدُ ٱلْعِقَابِ ﴿٤﴾

5 ਤੁਸੀਂ ਜਿਹੜੇ ਵੀ ਖਜੂਰਾਂ ਦੇ ਰੁੱਖ ਵੱਢੇ ਹਨ ਜਾਂ ਜਿਨ੍ਹਾਂ ਨੂੰ ਉਹਨਾਂ ਦੀਆਂ ਜੜ੍ਹਾਂ ਉੱਤੇ ਖੜੇ ਰਹਿਣ ਦਿੱਤਾ ਤਾਂ ਇਹ ਸਭ ਅੱਲਾਹ ਦੇ ਹੁਕਮ ਨਾਲ ਹੋਇਆ ਹੈ ਤਾਂ ਜੋ ਉਹ ਉਲੰਘਣਕਾਰੀਆਂ ਨੂੰ ਰੁਸਵਾ ਕਰੇ।

مَا قَطَعْتُم مِّن لِّينَةٍ أَوْ تَرَكْتُمُوهَا قَآئِمَةً عَلَىٰٓ أُصُولِهَا فَبِإِذْنِ ٱللَّهِ وَلِيُخْزِىَ ٱلْفَٰسِقِينَ ﴿٥﴾

6. ਅੱਲਾਹ ਨੇ ਉਹਨਾਂ (ਕਾਫ਼ਿਰਾਂ) ਵੱਲੋਂ ਜਿਹੜਾ ਵੀ (ਧਨ ਪਦਾਰਥ) ਆਪਣੇ ਰਸੂਲ ਵੱਲ ਪਰਤਾਇਆ ਹੈ, ਉਸ ਦੇ ਲਈ ਤੁਸੀਂ ਘੋੜੇ ਤੇ ਉੱਠ ਨਹੀਂ ਦੌੜਾਏ (ਭਾਵ ਤੁਸੀਂ ਕੁਝ ਵੀ ਨਹੀਂ ਸੀ ਕੀਤਾ। ਪਰ ਅੱਲਾਹ ਆਪਣੇ ਰਸੂਲਾਂ ਨੂੰ ਜਿਸ 'ਤੇ ਚਾਹੁੰਦਾ ਹੈ ਕਾਬੂ ਕਰ ਦਿੰਦਾ ਹੈ। ਅੱਲਾਹ ਹਰ ਪ੍ਰਕਾਰ ਦੀ ਸਮਰਥਾ ਰੱਖਦਾ ਹੈ।

وَمَآ أَفَآءَ ٱللَّهُ عَلَىٰ رَسُولِهِۦ مِنْهُمْ فَمَآ أَوْجَفْتُمْ عَلَيْهِ مِنْ خَيْلٍ وَلَا رِكَابٍ وَلَٰكِنَّ ٱللَّهَ يُسَلِّطُ رُسُلَهُۥ عَلَىٰ مَن يَشَآءُ ۚ وَٱللَّهُ عَلَىٰ كُلِّ شَىْءٍ قَدِيرٌ ﴿٦﴾

7. ਅੱਲਾਹ ਆਪਣੇ ਰਸੂਲ ਵੱਲ ਬਸਤੀਆਂ ਵਾਲਿਆਂ ਦਾ ਜੋ (ਮਾਲ) ਵੀ ਪਰਤਾ ਦੇਵੇ ਉਹ ਅੱਲਾਹ ਲਈ ਅਤੇ ਉਸ ਦੇ ਰਸੂਲ ਲਈ ਅਤੇ ਉਸ ਦੇ ਸਕੇ-ਸੰਬੰਧੀਆਂ, ਯਤੀਮਾਂ, ਮੁਥਾਜਾਂ ਅਤੇ ਮੁਸਾਫ਼ਰਾਂ ਲਈ ਹੈ, ਤਾਂ ਜੋ ਇਹ ਦੌਲਤ ਤੁਹਾਡੇ ਧਨਵਾਨ ਲੋਕਾਂ ਵਿਚਾਲੇ ਹੀ ਚੱਕਰ ਨਾ ਕੱਟਦੀ ਰਹੇ। ਅੱਲਾਹ ਦਾ ਰਸੂਲ ਤੁਹਾਨੂੰ ਜੋ ਵੀ ਦੇਵੇ ਉਸ ਨੂੰ ਲੈ ਲਵੋ ਅਤੇ

مَّآ أَفَآءَ ٱللَّهُ عَلَىٰ رَسُولِهِۦ مِنْ أَهْلِ ٱلْقُرَىٰ فَلِلَّهِ وَلِلرَّسُولِ وَلِذِى ٱلْقُرْبَىٰ وَٱلْيَتَٰمَىٰ وَٱلْمَسَٰكِينِ وَٱبْنِ ٱلسَّبِيلِ كَىْ لَا يَكُونَ دُولَةًۢ بَيْنَ ٱلْأَغْنِيَآءِ مِنكُمْ ۚ وَمَآ ءَاتَىٰكُمُ ٱلرَّسُولُ فَخُذُوهُ وَمَا نَهَىٰكُمْ عَنْهُ فَٱنتَهُوا۟ ۚ وَٱتَّقُوا۟ ٱللَّهَ ۖ إِنَّ ٱللَّهَ شَدِيدُ ٱلْعِقَابِ ﴿٧﴾

ਜਿਸ ਤੋਂ ਰੋਕੇ ਉਸ ਨੂੰ ਛੱਡ ਦਿਓ। ਅੱਲਾਹ ਤੋਂ ਡਰਦੇ ਰਹੋ ਬੇਸ਼ੱਕ ਅੱਲਾਹ ਸਜ਼ਾ ਦੇਣ ਵਿਚ ਕਰੜਾ ਹੈ।

8. ਉਹ ਮਾਲ ਉਹਨਾਂ ਗ਼ਰੀਬ ਮਹਾਜਰਾਂ ਲਈ ਹੈ ਜਿਹੜੇ ਆਪਣੇ ਘਰਾਂ 'ਚੋਂ ਤੇ ਜਾਇਦਾਦਾਂ 'ਚੋਂ ਬਾਹਰ ਕੱਢ ਦਿੱਤੇ ਗਏ, ਉਹ ਅੱਲਾਹ ਦੇ ਫ਼ਜ਼ਲ ਅਤੇ ਉਸ ਦੀ ਰਜ਼ਾ ਦੇ ਚਾਹਵਾਨ ਹਨ ਅਤੇ ਜਿਹੜੇ ਅੱਲਾਹ ਤੇ ਉਸ ਦੇ ਰਸੂਲ ਦੀ ਮਦਦ ਕਰਦੇ ਹਨ, ਉਹੀਓ ਸੱਚੇ ਲੋਕ ਹਨ।

لِلْفُقَرَآءِ الْمُهٰجِرِيْنَ الَّذِيْنَ اُخْرِجُوْا مِنْ دِيَارِهِمْ
وَاَمْوَالِهِمْ يَبْتَغُوْنَ فَضْلًا مِّنَ اللّٰهِ وَرِضْوَانًا
وَّيَنْصُرُوْنَ اللّٰهَ وَرَسُوْلَهٗ ؕ اُولٰٓئِكَ هُمُ
الصّٰدِقُوْنَ ﴿٨﴾

9. ਅਤੇ (ਉਹਨਾਂ ਲਈ ਹੈ) ਜਿਨ੍ਹਾਂ ਨੇ (ਮਦੀਨੇ ਨੂੰ ਹੀ) ਆਪਣਾ ਘਰ ਬਣਾਇਆ ਸੀ (ਭਾਵ ਮਦੀਨੇ ਦੇ ਵਸਨੀਕ ਸਨ) ਅਤੇ ਇਹਨਾਂ ਮਹਾਜਰਾਂ ਤੋਂ ਪਹਿਲਾਂ ਈਮਾਨ ਲਿਆਏ ਸਨ, ਉਹ (ਮਦੀਨੇ ਦੇ ਮੋਮਿਨ) ਉਹਨਾਂ ਨਾਲ ਮੁਹੱਬਤ ਕਰਦੇ ਹਨ ਜਿਹੜੇ ਉਹਨਾਂ ਵੱਲ ਹਿਜਰਤ ਕਰਦੇ ਹਨ। ਉਹ ਆਪਣੇ ਦਿਲਾਂ ਵਿਚ ਇਸ (ਮਾਲ) ਦੀ ਕੋਈ ਚਾਹਤ ਨਹੀਂ ਰੱਖਦੇ ਜਿਹੜਾ ਇਹਨਾਂ (ਮਹਾਜਰਾਂ) ਨੂੰ ਦਿਆ ਜਾਂਦਾ ਹੈ। (ਉਹ ਆਪਣੀ) ਜ਼ਾਤ ਉੱਤੇ ਉਹਨਾਂ ਨੂੰ ਪਹਿਲ ਦਿੰਦੇ ਹਨ, ਭਾਵੇਂ ਉਹਨਾਂ ਨੂੰ ਕਿੰਨੀ ਹੀ ਲੋੜ ਹੋਵੇ। ਜਿਸ ਨੇ ਆਪਣੇ ਆਪ ਨੂੰ ਲਾਲਚ ਤੋਂ ਬਚਾ ਲਿਆ ਉਹੀਓ ਸਫ਼ਲਤਾ ਪ੍ਰਾਪਤ ਕਰਨ ਵਾਲਾ ਹੈ।

وَالَّذِيْنَ تَبَوَّؤُ الدَّارَ وَالْاِيْمَانَ مِنْ قَبْلِهِمْ
يُحِبُّوْنَ مَنْ هَاجَرَ اِلَيْهِمْ وَلَا يَجِدُوْنَ فِيْ
صُدُوْرِهِمْ حَاجَةً مِّمَّآ اُوْتُوْا وَيُؤْثِرُوْنَ عَلٰٓى
اَنْفُسِهِمْ وَلَوْ كَانَ بِهِمْ خَصَاصَةٌ ؕ وَمَنْ يُّوْقَ شُحَّ
نَفْسِهٖ فَاُولٰٓئِكَ هُمُ الْمُفْلِحُوْنَ ﴿٩﴾

10. ਉਹ ਲੋਕ ਜਿਹੜੇ ਹਿਜਰਤ ਮਗਰੋਂ ਈਮਾਨ ਲਿਆਏ ਉਹ ਆਖਦੇ ਹਨ ਕਿ ਹੇ ਸਾਡੇ ਪਾਲਣਹਾਰ! ਤੂੰ ਸਾਡੇ ਉਹਨਾਂ ਭਰਾਵਾਂ ਨੂੰ ਜਿਨ੍ਹਾਂ ਨੇ ਈਮਾਨ ਲਿਆਉਣ ਵਿਚ ਸਾਥੋਂ ਪਹਿਲ ਕੀਤੀ, ਬਖ਼ਸ਼ ਦੇ। ਸਾਡੇ ਦਿਲਾਂ ਵਿਚ ਮੋਮਿਨਾਂ ਪ੍ਰਤੀ ਈਰਖਾ ਨਾ

وَالَّذِيْنَ جَآءُوْ مِنْۢ بَعْدِهِمْ يَقُوْلُوْنَ رَبَّنَا
اغْفِرْ لَنَا وَلِاِخْوَانِنَا الَّذِيْنَ سَبَقُوْنَا بِالْاِيْمَانِ
وَلَا تَجْعَلْ فِيْ قُلُوْبِنَا غِلًّا لِّلَّذِيْنَ اٰمَنُوْا رَبَّنَآ
اِنَّكَ رَءُوْفٌ رَّحِيْمٌ ﴿١٠﴾

1 ਇਸ ਆਇਤ ਵਿਚ ਅੱਲਾਹ ਅਤੇ ਉਸ ਦੇ ਰਸੂਲ (ਸ:) ਦੀ ਤਾਬੇਦਾਰੀ ਦਾ ਹੁਕਮ ਹੈ, ਜਿਸ ਦਾ ਅਰਥ ਹੈ ਕਿ ਅੱਲਾਹ ਦੇ ਰਸੂਲ (ਸ:) ਦੀ ਤਾਬੇਦਾਰੀ ਅੱਲਾਹ ਦੀ ਤਾਬੇਦਾਰੀ ਹੈ ਅਤੇ ਸਹਾਬਾ ਨੇ ਵੀ ਇਸ ਆਇਤ ਤੋਂ ਇਹੋ ਅਰਥ ਸਮਝਿਆ ਹੈ ਅਤੇ ਉਹਨਾਂ ਨੇ ਬਿਨਾਂ ਕਿਸੇ ਕਿੰਤੂ-ਪ੍ਰੰਤੂ ਹਦੀਸਾਂ 'ਤੇ ਉਸੇ ਤਰ੍ਹਾਂ ਅਮਲ ਕੀਤਾ ਜਿਵੇਂ ਕੁਰਆਨ 'ਤੇ ਅਮਲ ਕੀਤਾ ਸੀ ਅਤੇ ਹਦੀਸ ਨੂੰ ਵੀ ਉਹੀਓ ਮਹੱਤਤਾ ਦਿੱਤੀ ਜੋ ਕੁਰਆਨ ਦੀ ਸੀ।

ਰਹਿਣ ਦੇ। ਹੇ ਸਾਡੇ ਰੱਬਾ! ਬੇਸ਼ੱਕ ਤੂੰ ਅਤਿ ਨਰਮਾਈ ਵਾਲਾ ਤੇ ਅਤਿਅੰਤ ਰਹੀਮ ਵਾਲਾ ਹੈ।

أَلَمْ تَرَ إِلَى الَّذِينَ نَافَقُوا يَقُولُونَ لِإِخْوَانِهِمُ الَّذِينَ كَفَرُوا مِنْ أَهْلِ الْكِتَابِ لَئِنْ أُخْرِجْتُمْ لَنَخْرُجَنَّ مَعَكُمْ وَلَا نُطِيعُ فِيكُمْ أَحَدًا أَبَدًا وَإِن قُوتِلْتُمْ لَنَنصُرَنَّكُمْ وَاللَّهُ يَشْهَدُ إِنَّهُمْ لَكَاذِبُونَ ١١

11. (ਹੇ ਨਬੀ!) ਕੀ ਤੁਸੀਂ ਉਹਨਾਂ ਲੋਕਾਂ ਨੂੰ ਨਹੀਂ ਵੇਖਿਆ ਜਿਨ੍ਹਾਂ ਨੇ ਮੁਨਾਫ਼ਕਤ (ਦੋਗਲੀ) ਅਪਣਾਈ ਹੈ? ਉਹ ਆਪਣੇ ਕਿਤਾਬ ਵਾਲੇ ਕਾਫ਼ਿਰ ਭਰਾਵਾਂ (ਯਹੂਦੀਆਂ) ਨੂੰ ਆਖਦੇ ਹਨ ਕਿ ਜੇ ਤੁਹਾਨੂੰ ਘਰਾਂ ਵਿੱਚੋਂ ਕੱਢਿਆ ਗਿਆ ਤਾਂ ਅਸੀਂ ਵੀ ਤੁਹਾਡੇ ਨਾਲ ਹੀ (ਮਦੀਨੇ ਵਿੱਚੋਂ) ਨਿੱਕਲਾਂਗੇ ਅਤੇ ਤੁਹਾਡੇ (ਵਿਰੁੱਧ) ਅਸੀਂ ਕਿਸੇ ਪ੍ਰਕਾਰ ਦੀ ਗੱਲ ਨਹੀਂ ਮੰਨਾਂਗੇ। ਜੇਕਰ ਤੁਹਾਡੇ ਨਾਲ ਜੰਗ ਕੀਤੀ ਗਈ ਤਾਂ ਅਸੀਂ ਤੁਹਾਡੀ ਸਹਾਇਤਾ ਕਰਾਂਗੇ। ਪ੍ਰੰਤੂ ਅੱਲਾਹ ਉਹਨਾਂ ਦੇ ਝੂਠੇ ਹੋਣ ਦੀ ਗਵਾਹੀ ਦਿੰਦਾ ਹੈ।

لَئِنْ أُخْرِجُوا لَا يَخْرُجُونَ مَعَهُمْ وَلَئِن قُوتِلُوا لَا يَنصُرُونَهُمْ وَلَئِن نَّصَرُوهُمْ لَيُوَلُّنَّ الْأَدْبَارَ ثُمَّ لَا يُنصَرُونَ ١٢

12 (ਜਦ ਕਿ ਹਕੀਕਤ ਇਹ ਹੈ ਕਿ) ਜੇ ਉਹਨਾਂ ਕਾਫ਼ਿਰਾਂ ਨੂੰ ਘਰੋਂ (ਮਦੀਨੇ ਵਿੱਚੋਂ) ਕੱਢਿਆ ਗਿਆ ਤਾਂ ਇਹ (ਮੁਨਾਫ਼ਿਕ) ਉਹਨਾਂ ਦੇ ਨਾਲ ਨਹੀਂ ਨਿੱਕਲਣਗੇ। ਜੇਕਰ ਉਹਨਾਂ ਨਾਲ ਕੋਈ ਜੰਗ ਕੀਤੀ ਗਈ ਤਾਂ ਇਹ ਉਹਨਾਂ ਦੀ ਮਦਦ ਨਹੀਂ ਕਰਨਗੇ। ਜੇ ਉਹਨਾਂ ਦੀ ਮਦਦ ਨੂੰ ਆ ਵੀ ਗਏ ਤਾਂ ਪਿੱਠ ਵਿਖਾਕੇ ਭੱਜ ਜਾਣਗੇ, ਫੇਰ ਉਹਨਾਂ ਨੂੰ ਕਿਸੇ (ਹੋਰ ਪਾਸਿਓਂ) ਮਦਦ ਨਹੀਂ ਮਿਲੇਗੀ।

لَأَنتُمْ أَشَدُّ رَهْبَةً فِي صُدُورِهِم مِّنَ اللَّهِ ذَٰلِكَ بِأَنَّهُمْ قَوْمٌ لَّا يَفْقَهُونَ ١٣

13 (ਹੇ ਮੁਸਲਮਾਨੋ!) ਸੱਚ ਜਾਣੋਂ ਕਿ ਉਹਨਾਂ ਦੇ ਦਿਲਾਂ ਵਿਚ ਅੱਲਾਹ ਨਾਲੋਂ ਕਿਤੇ ਵੱਧ ਤੁਹਾਡਾ ਰੋਅਬ ਹੈ। ਇਹ ਇਸ ਲਈ ਹੈ ਕਿ ਬੇਸ਼ੱਕ ਉਹ ਬੇਸਮਝ ਲੋਕ ਹਨ।

لَا يُقَاتِلُونَكُمْ جَمِيعًا إِلَّا فِي قُرًى مُّحَصَّنَةٍ أَوْ مِن وَرَاءِ جُدُرٍ بَأْسُهُم بَيْنَهُمْ شَدِيدٌ تَحْسَبُهُمْ جَمِيعًا وَقُلُوبُهُمْ شَتَّىٰ ذَٰلِكَ بِأَنَّهُمْ قَوْمٌ لَّا يَعْقِلُونَ ١٤

14 ਉਹ ਸਾਰੇ ਮਿਲ ਕੇ ਵੀ ਤੁਹਾਡੇ ਨਾਲ ਲੜ ਨਹੀਂ ਸਕਦੇ, ਜੇ ਲੜਣਗੇ ਵੀ ਤਾਂ ਕਿਲਾ ਬੰਦ ਬਸਤੀਆਂ ਵਿਚ ਬੈਠ ਕੇ ਜਾਂ ਕੰਧਾਂ ਉਹਲੇ ਲੁਕ ਛਿਪ ਕੇ (ਲੜਣਗੇ)। ਉਹਨਾਂ (ਕਾਫ਼ਿਰਾਂ) ਦੀ ਆਪੋ ਵਿਚਾਲੀ ਲੜਾਈ ਵੀ ਬਹੁਤ ਸਖ਼ਤ ਹੈ। ਤੁਸੀਂ

ਉਹਨਾਂ ਨੂੰ ਇਕਜੁਟ ਸਮਝਦੇ ਹੋ, ਜਦ ਕਿ ਉਹਨਾਂ ਦੇ ਦਿਲ ਇਕ ਦੂਜੇ ਤੋਂ ਪਾਟੇ ਹੋਏ ਹਨ, ਬੇਸ਼ੱਕ ਉਹ ਸਾਰੇ ਬੇ-ਅਕਲ ਲੋਕ ਹਨ।

15 ਇਹਨਾਂ ਦੀ ਮਿਸਾਲ ਉਹਨਾਂ ਲੋਕਾਂ ਦੀ ਤਰ੍ਹਾਂ ਹੈ ਜਿਹੜੇ ਇਹਨਾਂ ਤੋਂ ਕੁੱਝ ਸਮੇਂ ਪਹਿਲਾਂ ਹੀ (ਬਦਰ ਵਿਚ) ਆਪਣੇ ਕਰਮਾਂ ਦੀ ਸਜ਼ਾ ਭੁਗਤ ਚੁੱਕੇ ਹਨ ਅਤੇ ਉਹਨਾਂ ਲਈ ਦਰਦਨਾਕ ਅਜ਼ਾਬ ਹੈ।

كَمَثَلِ الَّذِينَ مِن قَبْلِهِمْ قَرِيبًا ۖ ذَاقُوا وَبَالَ أَمْرِهِمْ وَلَهُمْ عَذَابٌ أَلِيمٌ ﴿١٥﴾

16 ਇਹਨਾਂ (ਮੁਨਾਫ਼ਿਕਾਂ) ਦੀ ਉਦਾਹਰਨ ਸ਼ੈਤਾਨ ਵਾਂਗ ਹੈ, ਪਹਿਲਾਂ ਤਾਂ ਮਨੁੱਖ ਨੂੰ ਆਖਦਾ ਹੈ ਕਿ ਤੂੰ (ਰੱਬ ਦਾ) ਇਨਕਾਰ ਕਰ, ਜਦੋਂ ਉਹ (ਮਨੁੱਖ) ਇਨਕਾਰ ਕਰ ਬੈਠਦਾ ਹੈ ਤਾਂ ਸ਼ੈਤਾਨ ਆਖਦਾ ਹੈ, ਮੈਂ ਤੈਥੋਂ ਬਰੀ ਹਾਂ, ਮੈਂ ਤਾਂ ਸਾਰੇ ਜੱਗ ਦੇ ਪਾਲਣਹਾਰ ਤੋਂ ਡਰਦਾ ਹਾਂ।

كَمَثَلِ الشَّيْطَانِ إِذْ قَالَ لِلْإِنسَانِ اكْفُرْ فَلَمَّا كَفَرَ قَالَ إِنِّي بَرِيءٌ مِّنكَ إِنِّي أَخَافُ اللَّهَ رَبَّ الْعَالَمِينَ ﴿١٦﴾

17 ਸੋ ਇਹਨਾਂ ਦੋਵਾਂ (ਮੁਨਾਫ਼ਿਕਾਂ ਤੇ ਸ਼ੈਤਾਨ) ਦਾ ਅੰਤ ਇਹ ਹੋਵੇਗਾ ਕਿ ਉਹ ਸਦਾ ਲਈ (ਨਰਕ ਦੀ) ਅੱਗ ਵਿਚ ਰਹਿਣਗੇ। ਜ਼ਾਲਮਾਂ ਦੀ ਇਹੋ ਸਜ਼ਾ ਹੈ।

فَكَانَ عَاقِبَتَهُمَا أَنَّهُمَا فِي النَّارِ خَالِدَيْنِ فِيهَا ۚ وَذَٰلِكَ جَزَاءُ الظَّالِمِينَ ﴿١٧﴾

18. ਹੇ ਈਮਾਨ ਵਾਲਿਓ! (ਤੁਸੀਂ ਸਦਾ) ਅੱਲਾਹ ਤੋਂ ਡਰਦੇ ਰਿਹਾ ਕਰੋ ਅਤੇ ਹਰੇਕ ਵਿਅਕਤੀ ਨੂੰ ਇਹ ਵੇਖਣਾ ਚਾਹੀਦਾ ਹੈ ਕਿ ਕੱਲ੍ਹ (ਕਿਆਮਤ) ਲਈ ਉਸ ਨੇ ਕੀ ਕੁੱਝ ਅੱਗੇ ਭੇਜਿਆ ਹੈ। ਤੁਸੀਂ ਅੱਲਾਹ ਤੋਂ (ਹਰ ਵੇਲੇ) ਡਰਦੇ ਰਹੋ[1] ਬੇਸ਼ੱਕ ਅੱਲਾਹ ਤੁਹਾਡੇ ਸਾਰੇ ਹੀ ਕੀਤੇ ਕਰਮਾਂ ਨੂੰ ਜਾਣਦਾ ਹੈ।

يَا أَيُّهَا الَّذِينَ آمَنُوا اتَّقُوا اللَّهَ وَلْتَنظُرْ نَفْسٌ مَّا قَدَّمَتْ لِغَدٍ ۖ وَاتَّقُوا اللَّهَ ۚ إِنَّ اللَّهَ خَبِيرٌ بِمَا تَعْمَلُونَ ﴿١٨﴾

19. ਅਤੇ (ਹੇ ਮੁਸਲਮਾਨੋ!) ਤੁਸੀਂ ਉਹਨਾਂ ਲੋਕਾਂ ਵਾਂਗ ਨਾ ਹੋ ਜਾਣਾ ਜਿਨ੍ਹਾਂ ਨੇ ਅੱਲਾਹ ਨੂੰ ਭੁਲਾ ਦਿੱਤਾ ਤਾਂ ਅੱਲਾਹ ਨੇ ਉਹਨਾਂ ਨੂੰ ਉਹਨਾਂ ਦਾ

وَلَا تَكُونُوا كَالَّذِينَ نَسُوا اللَّهَ فَأَنسَاهُمْ أَنفُسَهُمْ ۚ أُولَٰئِكَ هُمُ الْفَاسِقُونَ ﴿١٩﴾

---

1 ਵੇਖੋ ਸੂਰਤ ਅਸ-ਸਜਦਾ, ਹਾਸ਼ੀਆ ਆਇਤ 16/32, ਸੂਰਤ ਅਲ-ਹਿਜਰ ਹਾਸ਼ੀਆ ਆਇਤ 23/15 ਅਤੇ ਸੂਰਤ ਅਤ-ਤੌਬਾ, ਹਾਸ਼ੀਆ ਆਇਤ 111/9

ਆਪਾ ਭੁਲਾ ਦਿੱਤਾ, ਅਜਿਹੇ ਲੋਕ ਰੱਬ ਦੇ ਨਾ-ਫ਼ਰਮਾਨ ਹੁੰਦੇ ਹਨ।

20 ਅੱਗ ਵਾਲੇ (ਨਰਕੀ) ਤੇ ਬਾਗ਼ਾਂ ਵਾਲੇ (ਜੰਨਤੀ) ਇਕ ਬਰਾਬਰ ਨਹੀਂ ਹੋ ਸਕਦੇ। ਸਵਰਗਾਂ ਵਿਚ ਜਾਣ ਵਾਲੇ ਹੀ ਅਸਲ ਵਿਚ ਕਾਮਯਾਬ ਹਨ।

لَا يَسْتَوِي أَصْحَابُ النَّارِ وَأَصْحَابُ الْجَنَّةِ ۚ أَصْحَابُ الْجَنَّةِ هُمُ الْفَائِزُونَ ﴿٢٠﴾

21 ਜੇ ਅਸੀਂ (ਅੱਲਾਹ) ਇਸ ਕੁਰਆਨ ਨੂੰ ਕਿਸੇ ਪਹਾੜ ਉੱਤੇ ਨਾਜ਼ਿਲ ਕਰ ਦਿੰਦੇ ਤਾਂ (ਹੇ ਲੋਕੋ!) ਤੁਸੀਂ ਵੇਖਦੇ ਕਿ ਉਹ ਪਹਾੜ ਰੱਬ ਦੇ ਡਰ ਨਾਲ ਦੱਬ ਜਾਂਦਾ ਅਤੇ ਪਾਟ ਜਾਂਦਾ।[1] ਅਸੀਂ ਇਹ ਮਿਸਾਲਾਂ ਲੋਕਾਂ ਅੱਗੇ ਇਸ ਲਈ ਬਿਆਨ ਕਰਦੇ ਹਾਂ ਤਾਂ ਜੋ ਲੋਕੀ ਉਹਨਾਂ ਉੱਤੇ ਸੋਚ ਵਿਚਾਰ ਕਰਨ।

لَوْ أَنزَلْنَا هَٰذَا الْقُرْآنَ عَلَىٰ جَبَلٍ لَّرَأَيْتَهُ خَاشِعًا مُّتَصَدِّعًا مِّنْ خَشْيَةِ اللَّهِ ۚ وَتِلْكَ الْأَمْثَالُ نَضْرِبُهَا لِلنَّاسِ لَعَلَّهُمْ يَتَفَكَّرُونَ ﴿٢١﴾

22 ਉਹ ਅੱਲਾਹ ਹੀ ਹੈ ਜਿਸ ਤੋਂ ਛੁੱਟ ਕੋਈ ਇਸ਼ਟ ਨਹੀਂ। ਗੁਪਤ ਤੇ ਪ੍ਰਗਟ ਹੋਣ ਵਾਲੀ ਹਰੇਕ ਚੀਜ਼ ਦਾ ਜਾਣਨਹਾਰ ਹੈ, ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

هُوَ اللَّهُ الَّذِي لَا إِلَٰهَ إِلَّا هُوَ ۖ عَالِمُ الْغَيْبِ وَالشَّهَادَةِ ۖ هُوَ الرَّحْمَٰنُ الرَّحِيمُ ﴿٢٢﴾

23 ਉਹੀਓ ਅੱਲਾਹ ਹੈ ਜਿਸ ਤੋਂ ਛੁੱਟ ਕੋਈ ਪੂਜਣਹਾਰ ਨਹੀਂ। ਉਹ ਪਾਤਸ਼ਾਹ ਹੈ, ਅਤਿਅੰਤ ਪਵਿੱਤਰ ਹੈ, ਸੰਪੂਰਨ ਸਲਾਮਤੀ ਅਮਨ ਸ਼ਾਂਤੀ ਵਾਲਾ, ਦੇਖ ਭਾਲ ਕਰਨ ਵਾਲਾ, ਵੱਡਾ ਜ਼ੋਰਾਵਰ

هُوَ اللَّهُ الَّذِي لَا إِلَٰهَ إِلَّا هُوَ الْمَلِكُ الْقُدُّوسُ السَّلَامُ الْمُؤْمِنُ الْمُهَيْمِنُ الْعَزِيزُ الْجَبَّارُ الْمُتَكَبِّرُ ۚ سُبْحَانَ اللَّهِ عَمَّا يُشْرِكُونَ ﴿٢٣﴾

---

[1] ਇਸ ਤੋਂ ਪਤਾ ਲੱਗਦਾ ਹੈ ਕਿ ਪੇੜ ਪੌਦੇ ਵੀ ਕੁੱਝ ਹੱਦ ਤਕ ਸੂਝ ਰੱਖਦੇ ਹਨ। ਇਸ ਦੀ ਪੁਸ਼ਟੀ ਹਦੀਸ ਤੋਂ ਵੀ ਹੁੰਦੀ ਹੈ ਜਿਸ ਵਿਚ ਇਕ ਰੁੱਖ ਦੇ ਰੋਣ ਦੀ ਚਰਚਾ ਕੀਤੀ ਗਈ ਹੈ ਭਾਵੇਂ ਕਿ ਇਹ ਨਬੀ (ਸ:) ਦਾ ਮੁਅਜਜ਼ਾ ਹੈ ਪਰ ਫੇਰ ਵੀ ਇਸ ਤੋਂ ਰੁੱਖ ਦੇ ਸੁਰਤ ਵਿਚ ਹੋਣ ਦਾ ਪਤਾ ਚਲਦਾ ਹੈ। ਹਦੀਸ ਵਿਚ ਹੈ ਕਿ ਅੱਲਾਹ ਦੇ ਰਸੂਲ (ਸ:) ਜੁਮੇ ਵਾਲੇ ਦਿਨ ਇਕ ਰੁੱਖ ਜਾਂ ਇਕ ਟਾਹਣੀ ਨਾਲ ਢਾਸਣਾ ਲਾ ਕੇ ਖੁਤਬਾ ਕਰਦੇ ਸੀ। ਅਨਸਾਰ ਦੀ ਇਕ ਔਰਤ ਜਾਂ ਮਰਦ ਨੇ ਬੇਨਤੀ ਕੀਤੀ, ਹੇ ਅੱਲਾਹ ਦੇ ਰਸੂਲ! ਅਸੀਂ ਤੁਹਾਡੇ ਲਈ ਇਕ ਮਿੰਬਰ ਨਾ ਬਣਵਾ ਦਈਏ? ਆਪ (ਸ:) ਨੇ ਫ਼ਰਮਾਇਆ, ਚੰਗਾ ਤੁਹਾਡੀ ਇੱਛਾ, ਫੇਰ ਉਹਨਾਂ ਨੇ ਮਿੰਬਰ ਬਣਵਾ ਦਿੱਤਾ। ਜਦੋਂ ਜੁਮੇ ਦਾ ਦਿਨ ਆਇਆ ਤਾਂ ਆਪ ਮਿੰਬਰ 'ਤੇ ਪਧਾਰੇ, ਰੁੱਖ ਦੀ ਟਾਹਣੀ ਇਕ ਬਾਲਕ ਵਾਂਗ ਰੋਣ ਲੱਗ ਪਈ, ਆਪ (ਸ:) ਮਿੰਬਰ ਤੋਂ ਹੇਠ ਉੱਤਰ ਰੁੱਖ ਨੂੰ ਛਾਤੀ ਨਾਲ ਲਾਇਆ, ਇਸ 'ਤੇ ਉਹ ਰੁੱਖ ਇੰਜ ਰੋਣ ਲੱਗਿਆ ਜਿਵੇਂ ਕਿਸੇ ਨੂੰ ਤਸੱਲੀ ਦਿੱਤੀ ਜਾਂਦੀ ਹੈ। ਆਪ (ਸ:) ਨੇ ਫ਼ਰਮਾਇਆ, ਇਹ ਰੁੱਖ ਇਸ ਲਈ ਰੋਂਦਾ ਹੈ ਕਿ ਪਹਿਲਾਂ ਇਹ ਅੱਲਾਹ ਦਾ ਨਾਂ ਸੁਣਦਾ ਸੀ। (ਸਹੀ ਬੁਖ਼ਾਰੀ, ਹਦੀਸ: 3584)

ਅਤੇ ਵਡਿਆਈਆਂ ਵਾਲਾ ਹੈ। ਅੱਲਾਹ ਉਸ ਸ਼ਿਰਕ ਤੋਂ ਪਾਕ ਹੈ, ਜੋ ਇਹ ਲੋਕ ਕਰ ਰਹੇ ਹਨ।

24 ਉਹੀ ਅੱਲਾਹ ਹੈ, ਸਿਰਜਣਹਾਰ ਹੈ, ਸ਼ਕਲਾਂ-ਸੂਰਤਾਂ ਬਣਾਉਣ ਵਾਲਾ ਹੈ, ਸਾਰੇ ਸੋਹਣੇ ਨਾਂ ਉਸੇ ਲਈ ਹਨ, ਹਰੇਕ ਚੀਜ਼ ਭਾਵੇਂ ਉਹ ਅਕਾਸ਼ਾਂ ਵਿਚ ਹੈ ਭਾਵੇਂ ਧਰਤੀ ਵਿਚ ਹੈ, ਉਸੇ ਰੱਬ ਦੀ ਪਾਕੀ ਬਿਆਨ ਕਰਦੀ ਹੈ[1] ਅਤੇ ਉਹੀਓ ਜ਼ੋਰਾਵਰ ਤੇ ਯੁਕਤੀਮਾਨ ਹੈ।

هُوَ اللّٰهُ الْخَالِقُ الْبَارِئُ الْمُصَوِّرُ لَهُ الْأَسْمَاءُ
الْحُسْنَىٰ ۚ يُسَبِّحُ لَهُ مَا فِي السَّمٰوٰتِ وَالْأَرْضِ ۖ
وَهُوَ الْعَزِيزُ الْحَكِيمُ ﴿٢٤﴾

60. ਸੂਰਤ ਅਲ-ਮੁਮਤਹਿਨਾ (ਮਦਨੀ-91)

سُورَةُ الْمُمْتَحِنَةِ

(ਆਇਤਾਂ 13, ਰੁਕੂਅ 2)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيمِ

1. ਹੇ ਈਮਾਨ ਵਾਲਿਓ, ਤੁਸੀਂ ਮੇਰੇ ਅਤੇ ਆਪਣੇ ਵੈਰੀਆਂ ਨੂੰ ਆਪਣਾ ਮਿੱਤਰ ਨਾ ਬਣਾਓ। ਤੁਸੀਂ ਤਾਂ ਉਹਨਾਂ ਵੱਲ ਦੋਸਤੀ ਦੇ ਸੁਨੇਹੇ ਘੱਲਦੇ ਹੋ ਜਦ ਕਿ ਉਹ, ਜਿਹੜਾ ਹੱਕ (ਸੱਚਾ ਧਰਮ) ਤੁਹਾਡੇ ਕੋਲ ਆਇਆ ਹੈ ਉਸ ਦੇ ਇਨਕਾਰੀ ਹਨ। ਉਹ ਰਸੂਲ (ਮੁਹੰਮਦ ਸ:) ਨੂੰ ਤੇ ਤੁਹਾਨੂੰ ਵੀ ਇਸ ਲਈ (ਮੱਕੇ ਤੋਂ) ਦੇਸ਼ ਨਿਕਾਲਾ ਦੇ ਰਹੇ ਹਨ ਕਿ ਤੁਸੀਂ ਆਪਣੇ ਰੱਬ ਉੱਤੇ ਈਮਾਨ ਰੱਖਦੇ ਹੋ। ਜੇ ਤੁਸੀਂ ਮੇਰੀ ਰਾਹ ਵਿਚ ਜਿਹਾਦ ਲਈ ਤੇ ਮੇਰੀ ਰਜ਼ਾ ਦੀ ਭਾਲ ਲਈ ਨਿਕਲੇ ਹੋ ਤਾਂ ਕਾਫ਼ਿਰਾਂ ਨੂੰ ਦੋਸਤ ਨਾ ਬਣਾਓ। ਤੁਸੀਂ ਉਹਨਾਂ ਕਾਫ਼ਿਰਾਂ ਵੱਲ ਲੁਕ ਛਿਪ ਕੇ ਦੋਸਤੀ ਦੇ ਪੈਗ਼ਾਮ ਭੇਜਦੇ ਹੋ। ਮੈਂ ਚੰਗੀ ਤਰ੍ਹਾਂ

يَا أَيُّهَا الَّذِينَ آمَنُوا لَا تَتَّخِذُوا عَدُوِّي وَعَدُوَّكُمْ
أَوْلِيَاءَ تُلْقُونَ إِلَيْهِمْ بِالْمَوَدَّةِ وَقَدْ كَفَرُوا بِمَا
جَاءَكُمْ مِنَ الْحَقِّ ۙ يُخْرِجُونَ الرَّسُولَ وَإِيَّاكُمْ ۙ
أَنْ تُؤْمِنُوا بِاللّٰهِ رَبِّكُمْ إِنْ كُنْتُمْ خَرَجْتُمْ جِهَادًا فِي
سَبِيلِي وَابْتِغَاءَ مَرْضَاتِي ۚ تُسِرُّونَ إِلَيْهِمْ بِالْمَوَدَّةِ
وَأَنَا أَعْلَمُ بِمَا أَخْفَيْتُمْ وَمَا أَعْلَنْتُمْ ۚ وَمَنْ يَفْعَلْهُ
مِنْكُمْ فَقَدْ ضَلَّ سَوَاءَ السَّبِيلِ

[1] ਵੇਖੋ ਸੂਰਤ ਅਲ-ਆਰਾਫ਼, ਹਾਸ਼ੀਆ ਆਇਤ 180/7

ਜਾਣਦਾ ਹਾਂ ਜੋ ਤੁਸੀਂ ਲੁਕਾਉਂਦੇ ਹੋ ਅਤੇ ਜੋ ਵਿਖਾਉਂਦੇ ਹੋ। ਤੁਹਾਡੇ ਵਿੱਚੋਂ ਜਿਹੜਾ ਵੀ ਕੋਈ ਅਜਿਹਾ ਕਰੇਗਾ ਤਾਂ ਉਹ ਜ਼ਰੂਰ ਹੀ ਸਿੱਧੀ ਰਾਹ ਤੋਂ ਭਟਕ ਗਿਆ।[1]

إِن يَثْقَفُوكُمْ يَكُونُوا لَكُمْ أَعْدَاءً وَيَبْسُطُوا
إِلَيْكُمْ أَيْدِيَهُمْ وَأَلْسِنَتَهُم بِالسُّوءِ وَوَدُّوا
لَوْ تَكْفُرُونَ ﴿٢﴾

2 ਜੇ ਉਹ (ਕਾਫ਼ਿਰ) ਤੁਹਾਡੇ ਉੱਤੇ ਕਾਬੂ ਪਾ ਲੈਣ ਤਾਂ ਉਹ ਤੁਹਾਡੀ ਜਾਨ ਦੇ ਦੁਸ਼ਮਨ ਹੋ ਜਾਣ ਅਤੇ ਬੁਰਾਈ ਦੇ ਇਰਾਦੇ ਨਾਲ, ਆਪਣੇ ਹੱਥਾਂ ਤੇ ਜ਼ੁਬਾਨਾਂ ਨਾਲ, ਤੁਹਾਨੂੰ ਕਸ਼ਟ ਪੁਚਾਉਣ। ਉਹ ਚਾਹੁੰਦੇ ਹਨ ਕਿ ਕਿਸੇ ਤਰ੍ਹਾਂ ਤੁਸੀਂ ਵੀ (ਹੱਕ ਤੋਂ) ਮੁਨਕਰ ਹੋ ਜਾਓ।

لَن تَنفَعَكُمْ أَرْحَامُكُمْ وَلَا أَوْلَادُكُمْ ۚ يَوْمَ الْقِيَامَةِ
يَفْصِلُ بَيْنَكُمْ ۚ وَاللَّهُ بِمَا تَعْمَلُونَ بَصِيرٌ ﴿٣﴾

3. ਤੁਹਾਡੀਆਂ ਰਿਸ਼ਤੇਦਾਰੀਆਂ ਕਿਆਮਤ ਦਿਹਾੜੇ ਤੁਹਾਨੂੰ ਕੋਈ ਲਾਭ ਨਹੀਂ ਦੇਣਗੀਆਂ ਅਤੇ ਨਾ ਹੀ ਤੁਹਾਡੀ ਔਲਾਦ ਕਿਸੇ ਕੰਮ ਆਵੇਗੀ। ਉਹ ਤੁਹਾਡੇ ਵਿਚਾਲੇ ਫ਼ੈਸਲਾ ਕਰ ਦੇਵੇਗਾ, ਅੱਲਾਹ ਤੁਹਾਡੀਆਂ ਕਰਨੀਆਂ ਨੂੰ ਚੰਗੀ ਤਰ੍ਹਾਂ ਵੇਖਣ ਵਾਲਾ ਹੈ।

قَدْ كَانَتْ لَكُمْ أُسْوَةٌ حَسَنَةٌ فِي إِبْرَاهِيمَ
وَالَّذِينَ مَعَهُ إِذْ قَالُوا لِقَوْمِهِمْ إِنَّا بُرَآءُ
مِنكُمْ وَمِمَّا تَعْبُدُونَ مِن دُونِ اللَّهِ كَفَرْنَا
بِكُمْ وَبَدَا بَيْنَنَا وَبَيْنَكُمُ الْعَدَاوَةُ وَالْبَغْضَاءُ
أَبَدًا حَتَّىٰ تُؤْمِنُوا بِاللَّهِ وَحْدَهُ إِلَّا قَوْلَ إِبْرَاهِيمَ
لِأَبِيهِ لَأَسْتَغْفِرَنَّ لَكَ وَمَا أَمْلِكُ لَكَ مِنَ اللَّهِ
مِن شَيْءٍ ۖ رَّبَّنَا عَلَيْكَ تَوَكَّلْنَا وَإِلَيْكَ أَنَبْنَا
وَإِلَيْكَ الْمَصِيرُ ﴿٤﴾

4. ਤੁਹਾਡੇ ਲਈ, ਇਬਰਾਹੀਮ ਤੇ ਉਸ ਦੇ ਸਾਥੀ, ਇਕ ਸੋਹਣਾ ਆਦਰਸ਼ ਹਨ। ਜਦੋਂ ਉਹਨਾਂ ਨੇ ਆਪਣੀ ਕੌਮ ਨੂੰ ਆਖਿਆ ਸੀ ਕਿ ਅਸੀਂ ਤੁਹਾਥੋਂ ਤੇ ਤੁਹਾਡੇ ਉਹਨਾਂ ਇਸ਼ਟਾਂ ਤੋਂ ਜਿਨ੍ਹਾਂ ਨੂੰ ਤੁਸੀਂ ਅੱਲਾਹ ਨੂੰ ਛੱਡ ਕੇ ਪੂਜਾ ਕਰਦੇ ਹੋ ਉੱਕਾ ਹੀ ਬੇਜ਼ਾਰ ਹਾਂ। ਅਸੀਂ ਤੁਹਾਡਾ ਇਨਕਾਰ ਕਰਦੇ ਹਾਂ। ਸਾਡੇ ਤੇ ਤੁਹਾਡੇ ਵਿਚਾਲੇ ਸਦਾ ਲਈ ਵੈਰ-ਵਿਰੋਧ ਤੇ ਈਰਖਾ ਸਪਸ਼ਟ ਹੋ ਚੁੱਕੀ ਹੈ ਜਦੋਂ ਤਕ ਕਿ ਤੁਸੀਂ ਇੱਕੋ ਇਕ ਅੱਲਾਹ ਉੱਤੇ ਈਮਾਨ ਨਹੀਂ ਲਿਆਉਂਦੇ। ਇਬਰਾਹੀਮ ਦਾ ਆਪਣੇ ਪਿਓ ਨੂੰ ਇਹ ਕਹਿਣਾ (ਆਦਰਸ਼ ਨਹੀਂ) ਕਿ ਮੈਂ ਤੁਹਾਡੇ ਲਈ ਆਪਣੇ ਰੱਬ ਤੋਂ ਖਿਮਾ ਦੀ ਅਰਦਾਸ ਕਰਾਂਗਾ

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 149/3

ਪਰ ਮੈਂ ਤੁਹਾਡੇ ਲਈ (ਅੱਲਾਹ ਵੱਲੋਂ) ਕੋਈ ਅਧਿਕਾਰ ਨਹੀਂ ਰੱਖਦਾ (ਕਿ ਮੇਰੀ ਅਰਦਾਸ ਮੰਨੀ ਹੀ ਜਾਵੇ)। (ਇਬਰਾਹੀਮ ਨੇ ਬੇਨਤੀ ਕੀਤੀ ਕਿ) ਹੇ ਸਾਡੇ ਪਾਲਣਹਾਰ! ਅਸੀਂ ਤੇਰੇ ਉੱਤੇ ਹੀ ਭਰੋਸਾ ਕਰਦੇ ਹਾਂ ਅਤੇ ਤੇਰੇ ਵੱਲ ਹੀ ਰੁਜੂਅ ਕਰਦੇ ਹਾਂ ਅਤੇ ਤੇਰੇ ਵੱਲ ਹੀ ਅਸੀਂ ਪਰਤਣਾ ਹੈ।

5. ਹੇ ਸਾਡੇ ਰੱਬ! ਤੂੰ ਸਾਨੂੰ ਉਹਨਾਂ ਲੋਕਾਂ ਲਈ ਅਜ਼ਮਾਇਸ਼ ਨਾ ਬਣਾ ਜਿਨ੍ਹਾਂ ਨੇ (ਤੇਰਾ) ਇਨਕਾਰ ਕੀਤਾ ਹੈ। ਤੂੰ ਸਾਡੀਆਂ ਭੁੱਲਾਂ ਨੂੰ ਮੁਆਫ਼ ਕਰਦੇ। ਬੇਸ਼ੱਕ ਤੂੰ ਹੀ ਵੱਡਾ ਜ਼ੋਰਾਵਰ ਅਤੇ ਯੁਕਤੀਮਾਨ ਹੈ।

رَبَّنَا لَا تَجْعَلْنَا فِتْنَةً لِّلَّذِينَ كَفَرُوا وَاغْفِرْ لَنَا
رَبَّنَا ۖ إِنَّكَ أَنتَ الْعَزِيزُ الْحَكِيمُ ﴿٥﴾

6. ਨਿਰਸੰਦੇਹ, ਉਹਨਾਂ ਲੋਕਾਂ (ਦੇ ਪੁਰਖਿਆਂ) ਵਿਚ ਤੁਹਾਡੇ ਲਈ ਅਤੇ ਹਰ ਉਸ ਵਿਅਕਤੀ ਲਈ ਇਕ ਸੋਹਣਾ ਆਦਰਸ਼ ਹੈ ਜਿਹੜਾ ਅੱਲਾਹ (ਨੂੰ ਮਿਲਣ) ਅਤੇ ਅੰਤਿਮ ਦਿਹਾੜੇ (ਭਾਵ ਕਿਆਮਤ) ਦੀ ਆਸ ਰੱਖਦਾ ਹੈ। ਅਤੇ ਜਿਹੜਾ ਕੋਈ ਹੱਕ ਤੋਂ ਬੇਮੁੱਖ ਹੋ ਜਾਵੇ ਤਾਂ ਅੱਲਾਹ ਵੱਡਾ ਬੇਪਰਵਾਹ ਤੇ ਸ਼ਲਾਘਾ ਯੋਗ ਹੈ।

لَقَدْ كَانَ لَكُمْ فِيهِمْ أُسْوَةٌ حَسَنَةٌ لِّمَن كَانَ
يَرْجُو اللَّهَ وَالْيَوْمَ الْآخِرَ ۚ وَمَن يَتَوَلَّ فَإِنَّ اللَّهَ
هُوَ الْغَنِيُّ الْحَمِيدُ ﴿٦﴾

7. ਹੋ ਸਕਦਾ ਹੈ ਕਿ ਅੱਲਾਹ ਤੁਹਾਡੇ ਤੇ ਉਹਨਾਂ ਲੋਕਾਂ ਵਿਚਾਲੇ ਮਿੱਤਰਤਾ ਪੈਦਾ ਕਰ ਦੇਵੇ ਜਿਨ੍ਹਾਂ ਨਾਲ ਅੱਜ ਤੁਹਾਡਾ ਵੈਰ ਹੈ। ਅੱਲਾਹ ਵੱਡਾ ਕੁਦਰਤ ਵਾਲਾ ਹੈ ਅਤੇ ਅੱਲਾਹ ਬਖ਼ਸ਼ਣਹਾਰ ਤੇ ਮਿਹਰਬਾਨ ਹੈ।

عَسَى اللَّهُ أَن يَجْعَلَ بَيْنَكُمْ وَبَيْنَ الَّذِينَ
عَادَيْتُم مِّنْهُم مَّوَدَّةً ۚ وَاللَّهُ قَدِيرٌ ۚ وَاللَّهُ
غَفُورٌ رَّحِيمٌ ﴿٧﴾

8. ਅੱਲਾਹ ਤੁਹਾਨੂੰ ਉਹਨਾਂ ਲੋਕਾਂ ਬਾਰੇ ਨਹੀਂ ਰੋਕਦਾ, ਜਿਹੜੇ ਧਰਮ ਦੇ ਮਾਮਲੇ ਵਿਚ ਤੁਹਾਡੇ ਨਾਲ ਨਹੀਂ ਲੜੇ ਅਤੇ ਨਾ ਹੀ ਉਹਨਾਂ ਨੇ ਤੁਹਾਨੂੰ ਤੁਹਾਡੇ ਘਰਾਂ ਵਿੱਚੋਂ ਕੱਢਿਆ ਹੈ, ਕਿ ਤੁਸੀਂ ਉਹਨਾਂ ਨਾਲ ਭਲਾਈ ਕਰੋ ਤੇ ਉਹਨਾਂ ਨਾਲ ਇਨਸਾਫ਼ ਕਰੋ। ਬੇਸ਼ੱਕ ਅੱਲਾਹ ਇਨਸਾਫ਼ ਕਰਨ ਵਾਲਿਆਂ ਨੂੰ ਪਸੰਦ ਕਰਦਾ ਹੈ।

لَا يَنْهَاكُمُ اللَّهُ عَنِ الَّذِينَ لَمْ يُقَاتِلُوكُمْ فِي
الدِّينِ وَلَمْ يُخْرِجُوكُم مِّن دِيَارِكُمْ أَن تَبَرُّوهُمْ
وَتُقْسِطُوا إِلَيْهِمْ ۚ إِنَّ اللَّهَ يُحِبُّ الْمُقْسِطِينَ ﴿٨﴾

9. ਅੱਲਾਹ ਤੁਹਾਨੂੰ ਕੇਵਲ ਉਹਨਾਂ ਲੋਕਾਂ ਨਾਲ ਦੋਸਤੀ ਕਰਨ ਤੋਂ ਰੋਕਦਾ ਹੈ ਜਿਹੜੇ ਧਰਮ ਦੇ ਮਾਮਲੇ ਵਿਚ ਤੁਹਾਡੇ ਨਾਲ ਲੜੇ, ਤੁਹਾਨੂੰ ਤੁਹਾਡੇ ਘਰਾਂ 'ਚੋਂ ਕੱਢਿਆ, ਅਤੇ ਤੁਹਾਡੇ ਦੇਸ਼-ਨਿਕਾਲੇ ਵਿਚ ਸਹਾਈ ਬਣੇ। ਜਿਹੜਾ ਕੋਈ ਇਹਨਾਂ ਨਾਲ ਦੋਸਤੀ ਕਰੇਗਾ ਉਹੀਓ ਜ਼ਾਲਮ ਹੈ।

إِنَّمَا يَنْهَاكُمُ اللَّهُ عَنِ الَّذِينَ قَاتَلُوكُمْ فِي الدِّينِ وَأَخْرَجُوكُم مِّن دِيَارِكُمْ وَظَاهَرُوا عَلَىٰ إِخْرَاجِكُمْ أَن تَوَلَّوْهُمْ ۚ وَمَن يَتَوَلَّهُمْ فَأُولَٰئِكَ هُمُ الظَّالِمُونَ ٩

10 ਹੇ ਈਮਾਨ ਵਾਲਿਓ! ਜਦੋਂ ਤੁਹਾਡੇ ਕੋਲ ਮੋਮਿਨ ਬੀਬੀਆਂ ਹਿਜਰਤ ਕਰਕੇ ਆਉਣ ਤਾਂ ਤੁਸੀਂ ਉਹਨਾਂ (ਦੇ ਮੋਮਿਨ ਹੋਣ) ਦੀ ਜਾਂਚ ਪੜਤਾਲ ਕਰ ਲਿਆ ਕਰੋ। ਅੱਲਾਹ ਉਹਨਾਂ ਦੇ ਈਮਾਨ ਨੂੰ ਚੰਗੀ ਤਰ੍ਹਾਂ ਜਾਣਦਾ ਹੈ। ਫੇਰ ਜੇ ਤੁਹਾਨੂੰ ਤਸੱਲੀ ਹੋ ਜਾਵੇ ਕਿ ਉਹ ਈਮਾਨ ਵਾਲੀਆਂ ਹੀ ਹਨ ਫੇਰ ਉਹਨਾਂ ਨੂੰ ਕਾਫ਼ਿਰਾਂ ਵੱਲ ਵਾਪਸ ਨਾ ਭੇਜੋ, ਕਿਉਂ ਜੋ ਹੁਣ ਨਾ ਉਹ (ਮੋਮਿਨ ਔਰਤਾਂ) ਇਹਨਾਂ ਕਾਫ਼ਿਰਾਂ ਲਈ ਹਲਾਲ (ਜਾਇਜ਼) ਹਨ ਅਤੇ ਨਾ ਹੀ ਉਹ ਕਾਫ਼ਿਰ ਇਹਨਾਂ ਲਈ ਹਲਾਲ ਹਨ। ਤੁਸੀਂ ਉਹਨਾਂ ਕਾਫ਼ਿਰਾਂ ਨੂੰ ਜੋ ਉਹਨਾਂ ਨੇ (ਮਹਿਰ ਆਦਿ) ਖ਼ਰਚ ਕੀਤਾ ਹੈ ਉਹਨਾਂ ਨੂੰ ਮੋੜ ਦਿਓ। ਜੇ ਤੁਸੀਂ ਉਹਨਾਂ ਨੂੰ ਮਹਿਰ[1] ਦੇ ਕੇ ਉਹਨਾਂ ਨਾਲ ਨਿਕਾਹ ਕਰ ਲਵੋ ਤਾਂ ਤੁਹਾਡੇ ਉੱਤੇ ਕੋਈ ਪਾਪ ਨਹੀਂ। ਤੁਸੀਂ ਕਾਫ਼ਿਰ ਔਰਤਾਂ ਨੂੰ ਆਪਣੇ ਕਬਜ਼ੇ ਵਿਚ ਨਾ ਰੱਖੋ, ਜੋ ਤੁਸੀਂ ਉਹਨਾਂ (ਕਾਫ਼ਿਰ ਔਰਤਾਂ) 'ਤੇ ਖ਼ਰਚ ਕੀਤਾ ਹੈ ਉਹ ਵਾਪਸ ਮੰਗ ਲਓ ਅਤੇ ਜਿਹੜਾ ਖ਼ਰਚ ਉਹਨਾਂ ਕਾਫ਼ਿਰਾਂ ਨੇ (ਮੁਸਲਮਾਨ ਔਰਤਾਂ) ਉੱਤੇ) ਕੀਤਾ ਹੈ

يَا أَيُّهَا الَّذِينَ آمَنُوا إِذَا جَاءَكُمُ الْمُؤْمِنَاتُ مُهَاجِرَاتٍ فَامْتَحِنُوهُنَّ ۖ اللَّهُ أَعْلَمُ بِإِيمَانِهِنَّ ۖ فَإِنْ عَلِمْتُمُوهُنَّ مُؤْمِنَاتٍ فَلَا تَرْجِعُوهُنَّ إِلَى الْكُفَّارِ ۖ لَا هُنَّ حِلٌّ لَّهُمْ وَلَا هُمْ يَحِلُّونَ لَهُنَّ ۖ وَآتُوهُم مَّا أَنفَقُوا ۚ وَلَا جُنَاحَ عَلَيْكُمْ أَن تَنكِحُوهُنَّ إِذَا آتَيْتُمُوهُنَّ أُجُورَهُنَّ ۚ وَلَا تُمْسِكُوا بِعِصَمِ الْكَوَافِرِ وَاسْأَلُوا مَا أَنفَقْتُمْ وَلْيَسْأَلُوا مَا أَنفَقُوا ۚ ذَٰلِكُمْ حُكْمُ اللَّهِ ۖ يَحْكُمُ بَيْنَكُمْ ۚ وَاللَّهُ عَلِيمٌ حَكِيمٌ ١٠

---

[1] ਮਹਿਰ ਤੋਂ ਭਾਵ ਵਿਆਹ ਸਮੇਂ ਲਾੜੇ ਵੱਲੋਂ ਲਾੜੀ ਨੂੰ ਦਿੱਤੀ ਜਾਣ ਵਾਲੀ ਕੋਈ ਧਨ ਰਾਸ਼ੀ ਜਾਂ ਕੋਈ ਚੀਜ਼ ਹੈ ਇਹ ਔਰਤ ਦਾ ਜ਼ਰੂਰੀ ਹੱਕ ਹੈ ਅਤੇ ਉਸ ਨੂੰ ਅਦਾ ਕਰਨ ਲਈ ਵਿਸ਼ੇਸ਼ ਹੁਕਮ ਹੈ। ਮਹਿਰ ਆਦਮੀ ਦੀ ਹਿੰਮਤ ਅਨੁਸਾਰ ਹੋਣੀ ਚਾਹੀਦੀ ਹੈ ਇਸ ਵਿਚ ਲੋਕ ਵਿਖਾਵਾ ਲਈ ਮਹਿਰ ਦੀ ਵੱਡੀ-ਵੱਡੀ ਰਾਸ਼ੀ ਨੂੰ ਨਾ-ਪਸੰਦ ਕੀਤਾ ਗਿਆ ਹੈ ਹਿੰਮਤ ਰੱਖਦੇ ਹੋਏ ਵੀ ਨਾ ਮਾਤਰ ਮਹਿਰ ਵੀ ਸ਼ਰੀਅਤ ਦੇ ਰੂਹ ਦੇ ਵਿਰੁੱਧ ਹੈ।

ਉਹ ਵੀ ਮੰਗ ਲੈਣ। ਇਹ ਅੱਲਾਹ ਦਾ ਹੁਕਮ ਹੈ ਉਹ ਤੁਹਾਡੇ ਵਿਚਾਲੇ ਨਿਆ ਪੂਰਵਕ ਫ਼ੈਸਲਾ ਕਰਦਾ ਹੈ। ਅੱਲਾਹ ਭਲੀ-ਭਾਂਤ ਜਾਣਨ ਵਾਲਾ ਅਤੇ ਯੁਕਤੀਮਾਨ ਹੈ।

11. ਜੇ ਤੁਹਾਡੀਆਂ ਪਤਨੀਆਂ ਵਿਚੋਂ ਕੋਈ (ਤੁਹਾਥੋਂ ਔਖ ਹੋ ਕੇ) ਕਾਫ਼ਿਰਾਂ ਕੋਲ ਚਲੀਆਂ ਜਾਣ (ਅਤੇ ਤੁਹਾਨੂੰ ਕੀਤਾ ਹੋਇਆ ਖ਼ਰਚ ਨਾ ਮਿਲੇ) ਤਾਂ ਤੁਸੀਂ (ਕਾਫ਼ਿਰਾਂ ਨਾਲ) ਲੜੋ। (ਤਾਂਜੋ ਗ਼ਨੀਮਤ ਹੱਥ ਲੱਗੇ) ਜਿਨ੍ਹਾਂ ਦੀਆਂ ਪਤਨੀਆਂ ਚਲੀਆਂ ਗਈਆਂ ਸਨ ਉਹਨਾਂ ਨੂੰ ਉਹਨਾਂ ਨੂੰ ਉਸ (ਮਹਿਰ) ਦੇ ਬਰਾਬਰ ਦਿਓ ਜੋ ਉਹਨਾਂ ਨੇ ਖ਼ਰਚ ਕੀਤਾ ਹੈ। ਤੁਸੀਂ ਅੱਲਾਹ ਤੋਂ ਡਰੋ ਜਿਸ ਉੱਤੇ ਤੁਹਾਡਾ ਈਮਾਨ ਹੈ।

وَإِنْ فَاتَكُمْ شَيْءٌ مِّنْ أَزْوَاجِكُمْ إِلَى الْكُفَّارِ فَعَاقَبْتُمْ فَآتُوا الَّذِينَ ذَهَبَتْ أَزْوَاجُهُم مِّثْلَ مَا أَنفَقُوا ۚ وَاتَّقُوا اللَّهَ الَّذِي أَنتُم بِهِ مُؤْمِنُونَ ﴿١١﴾

12. ਹੇ ਨਬੀ! ਜਦੋਂ ਮੋਮਿਨ ਇਸਤਰੀਆਂ ਤੁਹਾਡੇ ਕੋਲ ਬੈਅਤ (ਪ੍ਰਣ) ਕਰਨ ਲਈ ਆਉਣ ਕਿ ਉਹ ਅੱਲਾਹ ਦੇ ਨਾਲ ਕਿਸੇ ਨੂੰ ਸ਼ਰੀਕ ਨਹੀਂ ਬਣਾਉਣਗੀਆਂ, ਨਾ ਚੋਰੀ ਕਰਨਗੀਆਂ, ਨਾ ਜ਼ਨਾਂ ਕਰਨਗੀਆਂ, ਨਾ ਆਪਣੀ ਔਲਾਦ ਨੂੰ ਕਤਲ ਕਰਨਗੀਆਂ, ਨਾ ਆਪਣੇ ਹੱਥਾਂ-ਪੈਰਾਂ ਦੇ ਅੱਗੇ ਕੋਈ ਊਜ ਘੜ ਕੇ ਲਿਆਉਣਗੀਆਂ ਅਤੇ ਨਾ ਕਿਸੇ ਭਲੇ ਕੰਮ ਵਿਚ ਤੁਹਾਡੀ ਨਾ-ਫ਼ਰਮਾਨੀ ਕਰਨਗੀਆਂ, ਫੇਰ ਤੁਸੀਂ ਉਹਨਾਂ ਤੋਂ ਬੈਅਤ ਲੈ ਲਓ ਅਤੇ ਉਹਨਾਂ ਲਈ ਅੱਲਾਹ ਤੋਂ ਖਿਮਾ ਮੰਗੋ। ਬੇਸ਼ੱਕ ਅੱਲਾਹ ਵੱਡਾ ਬਖ਼ਸ਼ਣਹਾਰ ਤੇ ਮਿਹਰਾਂ ਕਰਨ ਵਾਲਾ ਹੈ।

يَا أَيُّهَا النَّبِيُّ إِذَا جَاءَكَ الْمُؤْمِنَاتُ يُبَايِعْنَكَ عَلَىٰ أَن لَّا يُشْرِكْنَ بِاللَّهِ شَيْئًا وَلَا يَسْرِقْنَ وَلَا يَزْنِينَ وَلَا يَقْتُلْنَ أَوْلَادَهُنَّ وَلَا يَأْتِينَ بِبُهْتَانٍ يَفْتَرِينَهُ بَيْنَ أَيْدِيهِنَّ وَأَرْجُلِهِنَّ وَلَا يَعْصِينَكَ فِي مَعْرُوفٍ ۙ فَبَايِعْهُنَّ وَاسْتَغْفِرْ لَهُنَّ اللَّهَ ۖ إِنَّ اللَّهَ غَفُورٌ رَّحِيمٌ ﴿١٢﴾

13. ਹੇ ਈਮਾਨ ਵਾਲਿਓ! ਤੁਸੀਂ ਉਸ ਕੌਮ ਨਾਲ ਮਿੱਤਰਤਾ ਨਾ ਕਰੋ ਜਿਨ੍ਹਾਂ ਉੱਤੇ ਅੱਲਾਹ ਦੀ ਕਰੋਪੀ ਹੋਈ ਹੈ, ਜਿਹੜੇ ਅੰਤਿਮ ਦਿਹਾੜੇ ਤੋਂ ਨਿਰਾਸ਼ ਹੋ ਗਏ ਹਨ। ਜਿਵੇਂ ਕਬਰਾਂ ਵਿਚ ਪਏ ਕਾਫ਼ਿਰ (ਮੁੜ ਜੀਵਨ) ਤੋਂ ਨਿਰਾਸ਼ ਹਨ।

يَا أَيُّهَا الَّذِينَ آمَنُوا لَا تَتَوَلَّوْا قَوْمًا غَضِبَ اللَّهُ عَلَيْهِمْ قَدْ يَئِسُوا مِنَ الْآخِرَةِ كَمَا يَئِسَ الْكُفَّارُ مِنْ أَصْحَابِ الْقُبُورِ ﴿١٣﴾

61. ਸੂਰਤ ਅਸ-ਸਫ਼ (ਮਦਨੀ-109)

سُوْرَةُ الصَّفِّ

(ਆਇਤਾਂ 14, ਰੁਕੂਅ 2)

بِسْمِ اللّٰهِ الرَّحْمٰنِ الرَّحِيْمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

سَبَّحَ لِلّٰهِ مَا فِي السَّمٰوٰتِ وَمَا فِي الْاَرْضِ ۚ وَهُوَ الْعَزِيْزُ الْحَكِيْمُ ﴿١﴾

1. ਅੱਲਾਹ ਦੀ ਤਸਬੀਹ ਹਰ ਉਹ ਚੀਜ਼ ਕਰਦੀ ਹੈ ਜਿਹੜੀ ਅਕਾਸ਼ਾਂ ਤੇ ਧਰਤੀ ਵਿਚ ਹੈ ਉਹ ਵੱਡਾ ਜ਼ੋਰਾਵਰ ਅਤੇ ਯੁਕਤੀਮਾਨ ਹੈ।

يٰٓاَيُّهَا الَّذِيْنَ اٰمَنُوْا لِمَ تَقُوْلُوْنَ مَا لَا تَفْعَلُوْنَ ﴿٢﴾

2. ਹੇ ਈਮਾਨ ਵਾਲਿਓ! ਤੁਸੀਂ ਉਹ ਗੱਲ ਕਿਉਂ ਆਖਦੇ ਹੋ ਜੋ ਤੁਸੀਂ ਕਰਦੇ ਨਹੀਂ?

كَبُرَ مَقْتًا عِنْدَ اللّٰهِ اَنْ تَقُوْلُوْا مَا لَا تَفْعَلُوْنَ ﴿٣﴾

3. ਅੱਲਾਹ ਦੀਆਂ ਨਜ਼ਰਾਂ ਵਿਚ ਇਹ ਨਾਰਾਜ਼ ਹੋਣ ਵਾਲੀ ਗੱਲ ਹੈ ਕਿ ਤੁਸੀਂ ਉਹ ਗੱਲ ਆਖੋ ਜਿਹੜੀ ਤੁਸੀਂ ਕਰਦੇ ਨਹੀਂ।

اِنَّ اللّٰهَ يُحِبُّ الَّذِيْنَ يُقَاتِلُوْنَ فِيْ سَبِيْلِهٖ صَفًّا كَاَنَّهُمْ بُنْيَانٌ مَّرْصُوْصٌ ﴿٤﴾

4. ਬੇਸ਼ੱਕ ਅੱਲਾਹ ਉਹਨਾਂ ਲੋਕਾਂ ਨੂੰ ਪਸੰਦ ਕਰਦਾ ਹੈ ਜਿਹੜੇ ਉਸ ਦੀ ਰਾਹ ਵਿਚ ਪੰਕਤੀਆਂ ਬੰਨ੍ਹ ਕੇ (ਭਾਵ ਇਕ ਮੁੱਠ ਹੋ ਕੇ) ਲੜਦੇ ਹਨ[1] ਜਿਵੇਂ ਕਿ ਉਹ ਸਿੱਕੇ ਵਿੱਚ ਢਾਲੀ ਹੋਈ ਇਕ ਕੰਧ ਹੋਣ।

وَاِذْ قَالَ مُوْسٰى لِقَوْمِهٖ يٰقَوْمِ لِمَ تُؤْذُوْنَنِيْ وَقَدْ تَّعْلَمُوْنَ اَنِّيْ رَسُوْلُ اللّٰهِ اِلَيْكُمْ ۗ فَلَمَّا زَاغُوْٓا اَزَاغَ اللّٰهُ قُلُوْبَهُمْ ۗ وَاللّٰهُ لَا يَهْدِى الْقَوْمَ الْفٰسِقِيْنَ ﴿٥﴾

5. ਜਦੋਂ ਮੂਸਾ ਨੇ ਆਪਣੀ ਕੌਮ ਨੂੰ ਆਖਿਆ ਕਿ ਹੇ ਮੇਰੀ ਕੌਮ! ਤੁਸੀਂ ਮੈਨੂੰ ਤਸੀਹੇ ਕਿਉਂ ਦਿੰਦੇ ਹੋ? ਜਦੋਂ ਕਿ ਤੁਸੀਂ ਭਲੀ-ਭਾਂਤ ਜਾਣਦੇ ਹੋ ਕਿ ਮੈਂ ਤੁਹਾਡੇ ਵੱਲ ਭੇਜਿਆ ਹੋਇਆ ਅੱਲਾਹ ਦਾ ਰਸੂਲ

[1] ਇਸ ਆਇਤ ਵਿਚ ਰੱਬ ਦੀ ਰਾਹ ਵਿਚ ਲੜਨ ਵਾਲਿਆਂ ਦੀ ਵਡਿਆਈ ਬਿਆਨ ਕੀਤੀ ਗਈ ਹੈ। ਹਦੀਸ ਵਿਚ ਵੀ ਅੱਲਾਹ ਦੀ ਰਾਹ ਵਿਚ ਜਿਹਾਦ ਕਰਨ ਵਾਲਿਆਂ ਦੀ ਸ੍ਰੇਸ਼ਟਤਾ ਦੱਸੀ ਗਈ ਹੈ, ਕਿਸੇ ਨੇ ਅੱਲਾਹ ਦੇ ਰਸੂਲ ਨੂੰ ਪੁੱਛਿਆ ਕਿ ਲੋਕਾਂ ਵਿਚ ਸਭ ਤੋਂ ਉੱਚਾ ਦਰਜਾ ਕਿਸ ਦਾ ਹੈ? ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ, ਉਹ ਮੋਮਿਨ ਜਿਹੜਾ ਅੱਲਾਹ ਦੀ ਰਾਹ ਵਿਚ ਜਾਨ ਤੇ ਮਾਲ ਨਾਲ ਜਿਹਾਦ ਕਰੇ, ਲੋਕਾਂ ਨੇ ਪੁੱਛਿਆ ਫੇਰ ਕੌਣ? ਆਪ (ਸ:) ਨੇ ਫ਼ਰਮਾਇਆ, ਉਹ ਮੁਸਲਮਾਨ ਜਿਹੜਾ ਕਿਸੇ ਪਹਾੜ ਦੀ ਘਾਟੀ ਵਿਚ ਰਹੇ, ਅੱਲਾਹ ਤੋਂ ਡਰਦਾ ਹੋਵੇ ਅਤੇ ਲੋਕਾਂ ਤੋਂ ਅੱਡ ਰਹਿ ਕੇ ਉਹਨਾਂ ਨੂੰ ਆਪਣੇ ਸ਼ਰ (ਸ਼ਰਾਰਤਾਂ) ਤੋਂ ਸੁਰੱਖਿਅਤ ਰੱਖੇ। (ਸਹੀ ਬੁਖ਼ਾਰੀ, ਹਦੀਸ: 2786)

ਹਾਂ। ਫੇਰ ਜਦੋਂ ਉਹਨਾਂ ਨੇ ਟੇਢਪੁਣਾ ਇਖ਼ਤਿਆਰ ਕਰ ਲਿਆ ਤਾਂ ਅੱਲਾਹ ਨੇ ਵੀ ਉਹਨਾਂ ਦੇ ਦਿਲ ਟੇਢੇ ਕਰ ਦਿੱਤੇ। ਅੱਲਾਹ ਨਾ-ਫ਼ਰਮਾਨ ਲੋਕਾਂ ਨੂੰ ਹਿਦਾਇਤ ਨਹੀਂ ਦਿੰਦਾ।

6. ਜਦੋਂ ਮਰੀਅਮ ਦੇ ਪੁੱਤਰ ਈਸਾ ਨੇ ਆਖਿਆ ਕਿ ਹੇ ਬਨੀ-ਇਸਰਾਈਲ! ਬੇਸ਼ੱਕ ਮੈਂ ਤੁਹਾਡੇ ਵੱਲ ਅੱਲਾਹ ਦਾ ਰਸੂਲ ਹਾਂ, ਉਸ ਕਿਤਾਬ ਦੀ ਪੁਸ਼ਟੀ ਕਰਨ ਵਾਲਾ ਹਾਂ ਜਿਹੜੀ ਮੈਥੋਂ ਪਹਿਲਾਂ (ਤੌਰੈਤ) ਨਾਜ਼ਿਲ ਹੋਈ ਹੈ। ਮੈਂ ਇਕ ਰਸੂਲ ਦੀ ਖ਼ੁਸ਼ਖ਼ਬਰੀ ਦੇਣ ਵਾਲਾ ਹਾਂ, ਉਹ ਮੈਥੋਂ ਬਾਅਦ ਆਵੇਗਾ ਤੇ ਉਸ ਦਾ ਨਾਂ 'ਅਹਿਮਦ'[1] ਹੋਵੇਗਾ, ਫੇਰ ਜਦੋਂ ਉਹ ਰਸੂਲ (ਭਾਵ ਹਜ਼ਰਤ ਮੁਹੰਮਦ ਸ:) ਉਹਨਾਂ ਕੋਲ ਖੁੱਲ੍ਹੀਆਂ ਨਿਸ਼ਾਨੀਆਂ ਲੈ ਕੇ ਆਇਆ ਤਾਂ ਉਹ ਲੋਕ ਆਖਣ ਲੱਗੇ, ਇਹ ਤਾਂ ਖੁੱਲ੍ਹਾ ਜਾਦੂ ਹੈ।

وَإِذْ قَالَ عِيسَى ابْنُ مَرْيَمَ يَٰبَنِىٓ إِسْرَٰٓءِيلَ إِنِّى
رَسُولُ ٱللَّهِ إِلَيْكُم مُّصَدِّقًا لِّمَا بَيْنَ يَدَىَّ مِنَ
ٱلتَّوْرَىٰةِ وَمُبَشِّرًۢا بِرَسُولٍ يَأْتِى مِنۢ بَعْدِى ٱسْمُهُۥٓ
أَحْمَدُ ۖ فَلَمَّا جَآءَهُم بِٱلْبَيِّنَٰتِ قَالُوا۟ هَٰذَا
سِحْرٌ مُّبِينٌ ﴿٦﴾

7. ਭਲਾ ਉਸ ਵਿਅਕਤੀ ਤੋਂ ਵੱਡਾ ਜ਼ਾਲਮ ਕੌਣ ਹੋਵੇਗਾ ਜਿਹੜਾ ਅੱਲਾਹ ਉੱਤੇ ਝੂਠ ਮੜ੍ਹੇ, ਹਾਲਾਂ ਕਿ ਉਸ ਨੂੰ ਅੱਲਾਹ ਵੱਲ ਸੱਦਿਆ ਜਾਂਦਾ ਹੈ? ਅਤੇ ਅੱਲਾਹ ਜ਼ਾਲਮ ਲੋਕਾਂ ਨੂੰ ਹਿਦਾਇਤ ਨਹੀਂ ਦਿੰਦਾ।

وَمَنْ أَظْلَمُ مِمَّنِ ٱفْتَرَىٰ عَلَى ٱللَّهِ ٱلْكَذِبَ وَهُوَ
يُدْعَىٰٓ إِلَى ٱلْإِسْلَٰمِ ۚ وَٱللَّهُ لَا يَهْدِى ٱلْقَوْمَ
ٱلظَّٰلِمِينَ ﴿٧﴾

8. ਉਹ (ਇਨਕਾਰੀ) ਤਾਂ ਇਹੋ ਚਾਹੁੰਦੇ ਹਨ ਕਿ ਅੱਲਾਹ ਦੇ ਨੂਰ (ਇਸਲਾਮ) ਨੂੰ ਆਪਣੇ ਮੂੰਹ ਦੀਆਂ ਫੂਕਾਂ ਨਾਲ ਬੁਝਾ ਦੇਣ। ਜਦ ਕਿ ਅੱਲਾਹ ਆਪਣੇ ਨੂਰ ਨੂੰ ਪੂਰੀ ਤਰ੍ਹਾਂ ਫੈਲਾਉਣ ਵਾਲਾ ਹੈ ਭਾਵੇਂ ਕਾਫ਼ਿਰਾਂ ਨੂੰ ਕਿੰਨਾ ਹੀ ਨਾ-ਪਸੰਦ ਹੋਵੇ

يُرِيدُونَ لِيُطْفِـُٔوا۟ نُورَ ٱللَّهِ بِأَفْوَٰهِهِمْ وَٱللَّهُ
مُتِمُّ نُورِهِۦ وَلَوْ كَرِهَ ٱلْكَٰفِرُونَ ﴿٨﴾

1 'ਅਹਿਮਦ' ਨਬੀ (ਸ:) ਦਾ ਦੂਜਾ ਨਾਂ ਹੈ ਜਿਸ ਦਾ ਅਰਥ ਹੈ ਅਜਿਹਾ ਵਿਅਕਤੀ ਜਿਹੜਾ ਦੂਜਿਆਂ ਦੇ ਮੁਕਾਬਲੇ ਵੱਧ ਤੋਂ ਵੱਧ ਅੱਲਾਹ ਦੀ ਸਲਾਘਾ ਕਰੇ। ਨਬੀ (ਸ:) ਨੇ ਫ਼ਰਮਾਇਆ, ਮੇਰੇ ਪੰਜ ਨਾਂ ਹਨ ਮੈਂ ਮੁਹੰਮਦ, ਅਹਿਮਦ, ਮਾਹੀ, ਹਾਸ਼ਰ ਤੇ ਆਕਿਬ ਹਾਂ। (ਸਹੀ ਬੁਖ਼ਾਰੀ, ਹਦੀਸ: 3532)

9 ਉਹ (ਅੱਲਾਹ) ਹੈ, ਜਿਸ ਨੇ ਆਪਣੇ ਰਸੂਲ ਨੂੰ ਹਿਦਾਇਤ ਅਤੇ ਸੱਚਾ ਧਰਮ ਦੇ ਕੇ ਭੇਜਿਆ ਹੈ ਤਾਂ ਜੋ ਉਹ ਉਸ ਨੂੰ ਸਾਰੇ ਧਰਮਾਂ ਉੱਤੇ ਗ਼ਾਲਿਬ (ਭਾਰੂ) ਕਰ ਦੇਵੇ ਭਾਵੇਂ ਕਿ ਮੁਸ਼ਰਿਕ ਇਸ ਨੂੰ ਨਾ ਪਸੰਦ ਹੀ ਕਿਉਂ ਨਾ ਕਰਨ।

هُوَ الَّذِيٓ أَرْسَلَ رَسُولَهُ بِالْهُدَىٰ وَدِينِ الْحَقِّ لِيُظْهِرَهُ عَلَى الدِّينِ كُلِّهِ وَلَوْ كَرِهَ الْمُشْرِكُونَ ٩

10 ਹੇ ਈਮਾਨ ਵਾਲਿਓ! ਕੀ ਮੈਂ ਤੁਹਾਨੂੰ ਉਹ ਵਪਾਰ ਦੱਸਾਂ ਜੋ ਤੁਹਾਨੂੰ ਦੁਖਦਾਈ ਅਜ਼ਾਬ ਤੋਂ ਬਚਾ ਦੇਵੇ?

يَٰٓأَيُّهَا الَّذِينَ ءَامَنُوا هَلْ أَدُلُّكُمْ عَلَىٰ تِجَٰرَةٍ تُنجِيكُم مِّنْ عَذَابٍ أَلِيمٍ ١٠

11 ਤੁਸੀਂ ਅੱਲਾਹ ਤੇ ਉਸ ਦੇ ਰਸੂਲ (ਮੁਹੰਮਦ) ਉੱਤੇ ਈਮਾਨ ਲਿਆਓ ਤੇ ਅੱਲਾਹ ਦੀ ਰਾਹ ਵਿਚ ਆਪਣੇ ਧਨ ਤੇ ਆਪਣੀਆਂ ਜਾਨਾਂ ਨਾਲ ਜਿਹਾਦ (ਸੰਘਰਸ਼) ਕਰੋ। ਇਹ ਤੁਹਾਡੇ ਲਈ ਬਹੁਤ ਹੀ ਚੰਗਾ ਹੈ, ਜੇ ਤੁਸੀਂ ਕੁੱਝ ਗਿਆਨ ਰੱਖਦੇ ਹੋ।

تُؤْمِنُونَ بِاللَّهِ وَرَسُولِهِ وَتُجَٰهِدُونَ فِي سَبِيلِ اللَّهِ بِأَمْوَٰلِكُمْ وَأَنفُسِكُمْ ذَٰلِكُمْ خَيْرٌ لَّكُمْ إِن كُنتُمْ تَعْلَمُونَ ١١

12 ਉਹ (ਅੱਲਾਹ) ਤੁਹਾਡੇ ਗੁਨਾਹਾਂ ਨੂੰ ਬਖ਼ਸ਼ ਦੇਵੇਗਾ ਅਤੇ ਤੁਹਾਨੂੰ ਉਹਨਾਂ ਜੰਨਤਾਂ ਵਿਚ ਦਾਖ਼ਲ ਕਰੇਗਾ ਜਿਨ੍ਹਾਂ ਹੇਠ ਨਹਿਰਾਂ ਵਗਦੀਆਂ ਹਨ। ਸਦੀਵੀ ਰਹਿਣ ਵਾਲੀਆਂ ਜੰਨਤਾਂ ਵਿਚ ਪਵਿੱਤਰ ਮਹਿਲ ਹਨ, ਇਹੋ ਵੱਡੀ ਸਫ਼ਲਤਾ ਹੈ।

يَغْفِرْ لَكُمْ ذُنُوبَكُمْ وَيُدْخِلْكُمْ جَنَّٰتٍ تَجْرِي مِن تَحْتِهَا الْأَنْهَٰرُ وَمَسَٰكِنَ طَيِّبَةً فِي جَنَّٰتِ عَدْنٍ ذَٰلِكَ الْفَوْزُ الْعَظِيمُ ١٢

13. ਅਤੇ ਇਕ ਹੋਰ ਨਿਆਮਤ ਜਿਸ ਨੂੰ ਤੁਸੀਂ ਪਸੰਦ ਕਰਦੇ ਹੋ ਉਹ ਅੱਲਾਹ ਦੀ ਮਦਦ ਅਤੇ ਨਿਕਟ ਵਿਚ ਹੋ ਜਾਣ ਵਾਲੀ ਫ਼ਤਿਹ ਹੈ, ਇਸ ਦੀ ਖ਼ੁਸ਼ਖ਼ਬਰੀ ਈਮਾਨ ਵਾਲਿਆਂ ਨੂੰ ਸੁਣਾ ਦਿਓ।

وَأُخْرَىٰ تُحِبُّونَهَا نَصْرٌ مِّنَ اللَّهِ وَفَتْحٌ قَرِيبٌ وَبَشِّرِ الْمُؤْمِنِينَ ١٣

14 ਹੇ ਈਮਾਨ ਵਾਲਿਓ! ਤੁਸੀਂ ਅੱਲਾਹ ਦੇ ਸਹਾਈ ਬਣ ਜਾਓ, ਜਿਵੇਂ ਮਰੀਅਮ ਦੇ ਪੁੱਤਰ ਈਸਾ ਨੇ ਆਪਣੇ ਹਵਾਰੀਆਂ ਨੂੰ ਆਖਿਆ ਸੀ ਕਿ ਅੱਲਾਹ ਦੀ ਰਾਹ ਵੱਲ (ਸੱਦਾ ਦੇਣ ਵਿਚ) ਮੇਰਾ ਸਹਾਈ ਕੌਣ ਹੈ? ਹਵਾਰੀਆਂ (ਸਾਥੀਆਂ) ਨੇ ਆਖਿਆ ਕਿ ਅਸੀਂ ਅੱਲਾਹ ਦੇ ਸਹਾਈ ਹਾਂ। ਬਨੀ-ਇਸਰਾਈਲ ਵਿੱਚੋਂ ਇਕ ਟੋਲੀ ਈਮਾਨ ਲਿਆਈ ਅਤੇ ਦੂਜੀ ਟੋਲੀ ਨੇ ਇਨਕਾਰ ਕਰ ਦਿੱਤਾ। ਅਸੀਂ ਈਮਾਨ ਲਿਆਉਣ ਵਾਲੇ ਲੋਕਾਂ

يَٰٓأَيُّهَا الَّذِينَ ءَامَنُوا كُونُوٓا أَنصَارَ اللَّهِ كَمَا قَالَ عِيسَى ابْنُ مَرْيَمَ لِلْحَوَارِيِّـۧنَ مَنْ أَنصَارِيٓ إِلَى اللَّهِ قَالَ الْحَوَارِيُّونَ نَحْنُ أَنصَارُ اللَّهِ فَـَٔامَنَت طَّآئِفَةٌ مِّنۢ بَنِيٓ إِسْرَٰٓءِيلَ وَكَفَرَت طَّآئِفَةٌ فَأَيَّدْنَا الَّذِينَ ءَامَنُوا عَلَىٰ عَدُوِّهِمْ فَأَصْبَحُوا ظَٰهِرِينَ ١٤

ਨੂੰ ਉਹਨਾਂ ਦੇ ਵੈਰੀਆਂ ਵਿਰੁੱਧ ਤਾਕਤ ਬਖ਼ਸ਼ੀ ਤਾਂ ਉਹ ਭਾਰੂ[1] ਹੋ ਗਏ।

62. ਸੂਰਤ ਅਲ-ਜੁਮਆ (ਮੱਕੀ-110)

سُورَةُ الْجُمُعَةِ

(ਆਇਤਾਂ 11, ਰੁਕੂਅ 2)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਜਿਹੜੀ ਵੀ ਕੋਈ ਚੀਜ਼ ਅਕਾਸ਼ਾਂ ਤੇ ਧਰਤੀ ਵਿਚ ਹੈ ਉਹ ਸਭ ਅੱਲਾਹ ਦੀ ਤਸਬੀਹ (ਪਵਿੱਤਰਤਾ ਦਾ ਵਰਣਨ) ਕਰਦੀ ਹੈ। ਉਹ ਪਾਤਸ਼ਾਹ ਹੈ, ਪਾਕ ਜ਼ਾਤ ਹੈ, ਜ਼ੋਰਾਵਰ ਤੇ ਯੁਕਤੀਮਾਨ ਹੈ।

يُسَبِّحُ لِلّٰهِ مَا فِي السَّمٰوٰتِ وَمَا فِي الْأَرْضِ الْمَلِكِ الْقُدُّوسِ الْعَزِيزِ الْحَكِيمِ ①

2. ਉਹੀ ਹੈ ਜਿਸ ਨੇ ਅਣਪੜ੍ਹਾਂ ਵਿੱਚ ਇਕ ਰਸੂਲ ਭੇਜਿਆ ਜਿਹੜਾ ਉਹਨਾਂ ਵਿੱਚੋਂ ਹੀ ਸੀ। ਉਹ ਉਹਨਾਂ ਨੂੰ ਉਸ ਦੀਆਂ (ਭਾਵ ਕੁਰਆਨ ਦੀਆਂ) ਆਇਤਾਂ ਸੁਣਾਉਂਦਾ ਹੈ। ਉਹਨਾਂ ਦਾ ਜੀਵਨ ਸੁਆਰਦਾ ਹੈ ਅਤੇ ਉਹਨਾਂ ਨੂੰ ਕਿਤਾਬ (ਭਾਵ ਕੁਰਆਨ) ਤੇ ਹਿਕਮਤ (ਯੁਕਤੀ) ਦੀ ਸਿੱਖਿਆ ਦਿੰਦਾ ਹੈ, ਜਦੋਂ ਕਿ ਇਸ ਤੋਂ ਪਹਿਲਾਂ ਉਹ ਸਪਸ਼ਟ ਕੁਰਾਹੇ ਪਏ ਹੋਏ ਸਨ।

هُوَ الَّذِي بَعَثَ فِي الْأُمِّيِّينَ رَسُولًا مِّنْهُمْ يَتْلُوا عَلَيْهِمْ آيٰتِهِ وَيُزَكِّيهِمْ وَيُعَلِّمُهُمُ الْكِتٰبَ وَالْحِكْمَةَ وَإِن كَانُوا مِن قَبْلُ لَفِي ضَلٰلٍ مُّبِينٍ ②

---

[1] ਇਹ ਵਿਆਖਿਆ ਉਸ ਸਮੇਂ ਦਾ ਹੈ ਜਦੋਂ ਹਜ਼ਰਤ ਈਸਾ ਨਬੀ ਬਣ ਕੇ ਬਨੀ-ਇਸਰਾਈਲ ਵੱਲ ਘੱਲੇ ਗਏ ਸੀ, ਫੇਰ ਆਪ ਨੂੰ ਜਿਉਂਦਾ ਅਕਾਸ਼ ਉੱਤੇ ਚੁੱਕ ਲਿਆ ਗਿਆ ਅਤੇ ਕਿਆਮਤ ਦੇ ਨੇੜੇ ਆਪ ਮੁੜ ਧਰਤੀ ਉੱਤੇ ਬਿਰਾਜਮਾਨ ਹੋਣਗੇ। ਉਸ ਸਮੇਂ ਆਪ ਨਬੀ ਕਰੀਮ (ਸ.) ਦੇ ਇਕ ਉੱਮਤੀ ਵਜੋਂ ਹੋਣਗੇ, ਪਰ ਅੱਲਾਹ ਆਪ (ਈਸਾ) ਜੀ ਤੋਂ ਵੱਡੇ ਵੱਡੇ ਕੰਮ ਲਵੇਗਾ ਅਤੇ ਆਪ ਰਾਹੀਂ ਈਸਾਈਅਤ ਦਾ ਅੰਤ ਕਰੇਗਾ ਅਤੇ ਇਸਲਾਮ ਹੀ ਗ਼ਾਲਿਬ ਹੋਵੇਗਾ। ਅੱਲਾਹ ਦੇ ਰਸੂਲ (ਸ.) ਨੇ ਫ਼ਰਮਾਇਆ, ਕਸਮ ਹੈ ਉਸ ਜ਼ਾਤ ਦੀ ਜਿਸ ਦੇ ਕਬਜ਼ੇ ਵਿਚ ਮੇਰੀ ਜਾਨ ਹੈ, ਤੁਹਾਡੇ ਵਿਚ ਛੇਤੀ ਹੀ ਮਰੀਅਮ ਦਾ ਪੁੱਤਰ ਈਸਾ ਉੱਤਰੇਗਾ ਉਹ ਨਿਆਂ ਪੂਰਵਕ ਹਕੂਮਤ ਕਰੇਗੇ ਅਤੇ ਸਲੀਬ ਨੂੰ ਤੋੜੇਗਾ, ਅਤੇ ਜਜ਼ੀਆ ਲੈਣਾ ਬੰਦ ਕਰ ਦੇਵੇਗੇ ਅਤੇ ਧਨ-ਦੌਲਤ ਇੰਨੀ ਹੋਵੇਗੀ ਕਿ ਕੋਈ ਉਸ ਨੂੰ ਲੈਣ ਵਾਲਾ ਨਹੀਂ ਹੋਵੇਗਾ। (ਸਹੀ ਬੁਖ਼ਾਰੀ, ਹਦੀਸ 2222)

• ਭਾਵ ਮੁਸਲਮਾਨਾਂ ਦੇ ਆਗੂ ਬਣ ਕੇ ਆਉਣਗੇ ਅਤੇ ਈਸਾਈਆਂ ਲਈ, ਜਿਹੜੇ ਆਪਣੇ ਆਪ ਨੂੰ ਹਜ਼ਰਤ ਈਸਾ ਦਾ ਪੈਰੋਕਾਰ ਕਹਿੰਦੇ ਹਨ ਉਹਨਾਂ ਨੂੰ ਸਖ਼ਤ ਚਿਤਾਵਨੀ ਹੈ ਕਿ ਉਹ ਸਲੀਬ ਤੋੜ ਦੇਣਗੇ, ਜਜ਼ੀਆ ਲੈਣਾ ਬੰਦ ਕਰ ਦੇਣਗੇ ਦਾ ਅਰਥ ਹੈ ਕਿ ਸਾਰੇ ਦੇ ਸਾਰੇ ਮਨੁੱਖ ਇਸਲਾਮ ਕਬੂਲ ਕਰ ਲੈਣਗੇ, ਇਸ ਤੋਂ ਛੁੱਟ ਹੋਰ ਕੋਈ ਰਾਹ ਵੀ ਨਹੀਂ ਹੋਵੇਗਾ।

3. ਇਹ ਰਸੂਲ ਉਹਨਾਂ ਦੂਜੇ ਲੋਕਾਂ ਲਈ ਵੀ ਭੇਜਿਆ ਗਿਆ ਹੈ ਜਿਹੜੇ ਅਜੇ ਤਕ ਉਹਨਾਂ ਨੂੰ ਨਹੀਂ ਮਿਲੇ। ਉਹ (ਅੱਲਾਹ) ਜ਼ੋਰਾਵਰ ਤੇ ਵੱਡਾ ਯੁਕਤੀਮਾਨ ਹੈ।

وَّاٰخَرِيْنَ مِنْهُمْ لَمَّا يَلْحَقُوْا بِهِمْ ؕ وَهُوَ الْعَزِيْزُ الْحَكِيْمُ ③

4. ਇਹ ਅੱਲਾਹ ਦੀ ਕ੍ਰਿਪਾ ਹੈ ਕਿ ਉਹ ਜਿਸ ਨੂੰ ਚਾਹੁੰਦਾ ਹੈ ਆਪਣੀ ਕ੍ਰਿਪਾ ਨਾਲ ਨਿਵਾਜ਼ ਦਿੰਦਾ ਹੈ, ਉਹ ਵੱਡੇ ਫ਼ਜ਼ਲਾਂ ਵਾਲਾ ਹੈ।

ذٰلِكَ فَضْلُ اللّٰهِ يُؤْتِيْهِ مَنْ يَّشَآءُ ؕ وَاللّٰهُ ذُو الْفَضْلِ الْعَظِيْمِ ④

5. ਉਹਨਾਂ ਲੋਕਾਂ ਦੀ ਉਦਾਹਰਨ, ਜਿਨ੍ਹਾਂ ਨੂੰ ਤੌਰੈਤ ਦਾ ਚੁੱਕਣਹਾਰ ਬਣਾਇਆ ਗਿਆ ਸੀ, ਪਰ ਉਹ ਉਸ ਦੇ ਭਾਰ ਨੂੰ ਚੁੱਕ ਨਾ ਸਕੇ, ਉਸ ਗਧੇ ਵਾਂਗ ਹੈ ਜਿਹੜਾ ਕਿਤਾਬਾਂ ਦਾ ਬੋਝ ਚੁੱਕਦਾ ਹੈ (ਪਰ ਪੜ੍ਹਦਾ ਨਹੀਂ)। ਇਸ ਤੋਂ ਵੀ ਭੈੜੀ ਉਦਾਹਰਨ ਉਸ ਕੌਮ ਦੀ ਹੈ ਜਿਨ੍ਹਾਂ ਨੇ ਅੱਲਾਹ ਦੀਆਂ ਆਇਤਾਂ (ਆਦੇਸ਼ਾਂ) ਨੂੰ ਝੁਠਲਾ ਦਿੱਤਾ ਹੈ, ਅਜਿਹੇ ਜ਼ਾਲਮਾਂ ਨੂੰ ਅੱਲਾਹ ਹਿਦਾਇਤ ਨਹੀਂ ਦਿੰਦਾ।

مَثَلُ الَّذِيْنَ حُمِّلُوا التَّوْرٰىةَ ثُمَّ لَمْ يَحْمِلُوْهَا كَمَثَلِ الْحِمَارِ يَحْمِلُ اَسْفَارًا ؕ بِئْسَ مَثَلُ الْقَوْمِ الَّذِيْنَ كَذَّبُوْا بِاٰيٰتِ اللّٰهِ ؕ وَاللّٰهُ لَا يَهْدِى الْقَوْمَ الظّٰلِمِيْنَ ⑤

6. (ਹੇ ਨਬੀ!) ਤੁਸੀਂ ਆਖ ਦਿਓ ਕਿ ਹੇ ਯਹੂਦੀ ਬਣ ਜਾਣ ਵਾਲੇ ਲੋਕੋ! ਜੇ ਤੁਸੀਂ ਇਸ ਗੱਲ ਦਾ ਮਾਨ ਕਰਦੇ ਹੋ ਕਿ ਬਾਕੀ ਸਾਰਿਆਂ ਲੋਕਾਂ ਨੂੰ ਛੱਡ ਕੇ ਕੇਵਲ ਤੁਸੀਂ ਹੀ ਅੱਲਾਹ ਦੇ ਦੋਸਤ ਹੋ ਤਾਂ ਜ਼ਰਾ ਮੌਤ ਦੀ ਇੱਛਾ ਤਾਂ ਕਰੋ ਜੇ ਤੁਸੀਂ (ਆਪਣੀ ਕੱਥਣੀ ਵਿਚ) ਸੱਚੇ ਹੋ।

قُلْ يٰۤاَيُّهَا الَّذِيْنَ هَادُوْۤا اِنْ زَعَمْتُمْ اَنَّكُمْ اَوْلِيَآءُ لِلّٰهِ مِنْ دُوْنِ النَّاسِ فَتَمَنَّوُا الْمَوْتَ اِنْ كُنْتُمْ صٰدِقِيْنَ ⑥

7. ਉਹ ਕਦੇ ਵੀ ਇਹ ਇੱਛਾ ਨਹੀਂ ਕਰਨਗੇ, ਕਿਉਂ ਜੋ ਉਹ ਆਪਣੀਆਂ ਭੈੜੀਆਂ ਕਰਤੂਤਾਂ ਆਪਣੇ ਹੱਥੀਂ ਅੱਗੇ ਭੇਜ ਚੁੱਕੇ ਹਨ। ਅੱਲਾਹ ਜ਼ਾਲਮਾਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

وَلَا يَتَمَنَّوْنَهٗۤ اَبَدًاۢ بِمَا قَدَّمَتْ اَيْدِيْهِمْ ؕ وَاللّٰهُ عَلِيْمٌۢ بِالظّٰلِمِيْنَ ⑦

8. ਇਹਨਾਂ ਨੂੰ ਆਖੋ ਕਿ ਜਿਸ ਮੌਤ ਤੋਂ ਤੁਸੀਂ ਨੱਸਦੇ ਹੋ ਉਹ ਜ਼ਰੂਰ ਹੀ ਤੁਹਾਨੂੰ ਮਿਲਣ ਵਾਲੀ ਹੈ। ਤੁਸੀਂ ਉਸੇ ਵੱਲ ਪਰਤਾਏ ਜਾਵੋਗੇ ਜਿਹੜਾ ਗੁਪਤ ਅਤੇ ਪ੍ਰਗਟ ਦਾ ਜਾਣਨਹਾਰ ਹੈ। ਉਹ ਤੁਹਾਨੂੰ ਦੱਸੇਗਾ ਜੋ ਤੁਸੀਂ (ਸੰਸਾਰ ਵਿਚ) ਕਰਦੇ ਸੀ।

قُلْ اِنَّ الْمَوْتَ الَّذِىْ تَفِرُّوْنَ مِنْهُ فَاِنَّهٗ مُلٰقِيْكُمْ ثُمَّ تُرَدُّوْنَ اِلٰى عٰلِمِ الْغَيْبِ وَالشَّهَادَةِ فَيُنَبِّئُكُمْ بِمَا كُنْتُمْ تَعْمَلُوْنَ ⑧

9. ਹੇ ਈਮਾਨ ਵਾਲਿਓ! ਜਦੋਂ ਜੁਮੇ (ਸ਼ੁੱਕਰਵਾਰ) ਦੇ ਦਿਹਾੜੇ ਨਮਾਜ਼ ਲਈ ਅਜ਼ਾਨ ਦਿੱਤੀ ਜਾਵੇ ਤਾਂ ਤੁਸੀਂ ਅੱਲਾਹ ਦੇ ਜ਼ਿਕਰ (ਭਾਵ ਨਮਾਜ਼ ਲਈ ਮਸੀਤ ਵੱਲ) ਨੱਸੋ ਅਤੇ ਖ਼ਰੀਦ-ਵੇਚ (ਵਪਾਰ) ਕਰਨਾ ਛੱਡ ਦਿਓ। ਇਹੋ ਤੁਹਾਡੇ ਲਈ ਵਧੇਰੇ ਚੰਗਾ ਹੈ ਜੇ ਤੁਸੀਂ ਜਾਣਦੇ ਹੋ।

يَا أَيُّهَا الَّذِينَ آمَنُوا إِذَا نُودِيَ لِلصَّلَاةِ مِن يَوْمِ الْجُمُعَةِ فَاسْعَوْا إِلَىٰ ذِكْرِ اللَّهِ وَذَرُوا الْبَيْعَ ۚ ذَٰلِكُمْ خَيْرٌ لَّكُمْ إِن كُنتُمْ تَعْلَمُونَ ﴿٩﴾

10 ਜਦੋਂ ਨਮਾਜ਼ ਪੂਰੀ ਹੋ ਜਾਵੇ ਫੇਰ ਤੁਸੀਂ ਧਰਤੀ ਉੱਤੇ ਖਿਲਰ ਜਾਓ ਅਤੇ ਅੱਲਾਹ ਦੇ ਫ਼ਜ਼ਲਾਂ (ਰੋਜ਼ੀ) ਦੀ ਭਾਲ ਕਰੋ ਅੱਲਾਹ ਨੂੰ ਵੱਧ ਤੋਂ ਵੱਧ ਯਾਦ ਕਰੋ, ਸ਼ਾਇਦ ਕਿ ਤੁਸੀਂ ਸਫ਼ਲਤਾ ਨੂੰ ਪ੍ਰਾਪਤ ਕਰ ਸਕੋ।

فَإِذَا قُضِيَتِ الصَّلَاةُ فَانتَشِرُوا فِي الْأَرْضِ وَابْتَغُوا مِن فَضْلِ اللَّهِ وَاذْكُرُوا اللَّهَ كَثِيرًا لَّعَلَّكُمْ تُفْلِحُونَ ﴿١٠﴾

11. (ਹੇ ਨਬੀ!) ਜਦੋਂ ਉਹ ਕੋਈ ਵਪਾਰ ਜਾਂ ਕੋਈ ਖੇਡ-ਤਮਾਸ਼ਾ ਹੁੰਦਾ ਵੇਖਦੇ ਹਨ ਤਾਂ ਉਸ ਵੱਲ ਨੱਸ ਜਾਂਦੇ ਹਨ ਅਤੇ ਤੁਹਾਨੂੰ ਇਕੱਲਾ ਖਲੋਤਿਆਂ ਛੱਡ ਜਾਂਦੇ ਹਨ, ਤੁਸੀਂ ਆਖ ਦਿਓ ਕਿ ਜੋ ਕੁੱਝ ਵੀ ਅੱਲਾਹ ਕੋਲ ਹੈ ਉਹ ਇਹਨਾਂ ਖੇਡ-ਤਮਾਸ਼ਿਆਂ ਤੋਂ ਅਤੇ ਵਪਾਰ ਤੋਂ ਕਿਤੇ ਵਧੀਆ ਹੈ ਅਤੇ ਅੱਲਾਹ ਸਾਰਿਆਂ ਤੋਂ ਵਧੀਆ ਰੋਜ਼ੀ ਦੇਣ ਵਾਲਾ ਹੈ।

وَإِذَا رَأَوْا تِجَارَةً أَوْ لَهْوًا انفَضُّوا إِلَيْهَا وَتَرَكُوكَ قَائِمًا ۚ قُلْ مَا عِندَ اللَّهِ خَيْرٌ مِّنَ اللَّهْوِ وَمِنَ التِّجَارَةِ ۚ وَاللَّهُ خَيْرُ الرَّازِقِينَ ﴿١١﴾

63. ਸੂਰਤ ਅਲ-ਮੁਨਾਫ਼ਿਕੂਨ (ਮਦਨੀ-104)

سُورَةُ الْمُنَافِقُونَ

(ਆਇਤਾਂ 11, ਰੁਕੂਅ 2)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. (ਹੇ ਨਬੀ!) ਜਦੋਂ ਮੁਨਾਫ਼ਿਕ (ਭਾਵ ਦੋਗਲੇ) ਤੁਹਾਡੇ ਕੋਲ ਆਉਂਦੇ ਹਨ ਤਾਂ ਆਖਦੇ ਹਨ ਕਿ ਅਸੀਂ ਗਵਾਹੀ ਦਿੰਦੇ ਹਾਂ ਕਿ ਬੇਸ਼ੱਕ ਤੁਸੀਂ ਅੱਲਾਹ ਦੇ ਪੈਗ਼ੰਬਰ ਹੋ ਅਤੇ ਅੱਲਾਹ ਗਵਾਹੀ ਦਿੰਦਾ ਹੈ ਕਿ ਇਹ ਮੁਨਾਫ਼ਿਕ ਝੂਠੇ ਹਨ।

إِذَا جَاءَكَ الْمُنَافِقُونَ قَالُوا نَشْهَدُ إِنَّكَ لَرَسُولُ اللَّهِ ۗ وَاللَّهُ يَعْلَمُ إِنَّكَ لَرَسُولُهُ وَاللَّهُ يَشْهَدُ إِنَّ الْمُنَافِقِينَ لَكَاذِبُونَ ﴿١﴾

2 ਉਹਨਾਂ (ਮੁਨਾਫ਼ਿਕਾਂ) ਨੇ ਆਪਣੀਆਂ ਕਸਮਾਂ ਨੂੰ ਢਾਲ ਬਣਾ ਰੱਖਿਆ ਹੈ, ਇਸ ਤਰ੍ਹਾਂ ਉਹ ਲੋਕਾਂ ਨੂੰ ਅੱਲਾਹ ਦੀ ਰਾਹ ਤੋਂ ਰੋਕਦੇ ਹਨ। ਬੇਸ਼ੱਕ ਉਹ ਜੋ ਵੀ ਕਰਦੇ ਹਨ ਬਹੁਤ ਹੀ ਭੈੜਾ ਅਮਲ ਕਰਦੇ ਹਨ।

اتَّخَذُوا أَيْمَانَهُمْ جُنَّةً فَصَدُّوا عَنْ سَبِيلِ اللَّهِ ۚ إِنَّهُمْ سَاءَ مَا كَانُوا يَعْمَلُونَ ﴿٢﴾

3 ਭਾਵੇਂ ਕਿ ਉਹ ਈਮਾਨ ਲਿਆਏ ਪਰ ਫੇਰ ਵੀ ਉਹਨਾਂ ਨੇ ਇਨਕਾਰ ਹੀ ਕੀਤਾ ਇਸੇ ਲਈ ਅੱਲਾਹ ਨੇ ਉਹਨਾਂ ਦੇ ਦਿਲਾਂ ਉੱਤੇ ਮੋਹਰ ਲਾ ਛੱਡੀ ਹੈ, ਉਹ ਸਮਝਦੇ ਨਹੀਂ।

ذَٰلِكَ بِأَنَّهُمْ آمَنُوا ثُمَّ كَفَرُوا فَطُبِعَ عَلَىٰ قُلُوبِهِمْ فَهُمْ لَا يَفْقَهُونَ ﴿٣﴾

4 ਜਦੋਂ ਤੁਸੀਂ ਉਹਨਾਂ ਨੂੰ ਵੇਖੋਗੇ ਤਾਂ ਤੁਹਾਨੂੰ ਉਹਨਾਂ ਦੇ ਸਰੀਰ (ਜੁੱਸੇ) ਭਲੇ ਚੰਗੇ ਲਗਦੇ ਹਨ। ਜੇ ਉਹ ਕੋਈ ਗੱਲ ਆਖਣ ਤਾਂ ਤੁਸੀਂ ਉਹਨਾਂ ਦੀਆਂ ਗੱਲਾਂ ਕੰਨ ਲਾ ਕੇ ਸੁਣੋ (ਪਰ ਹਕੀਕਤ ਵਿਚ) ਉਹ ਇੰਜ ਹਨ ਜਿਵੇਂ ਕਿ ਉਹ ਕੰਧ ਨਾਲ ਚਿਨ ਕੇ ਰੱਖਿਆਂ ਹੋਈਆਂ ਲਕੜੀਆਂ ਹੋਣ। ਉਹ ਹਰ ਉੱਚੀ ਆਵਾਜ਼ ਨੂੰ ਇਹੋ ਸਮਝਦੇ ਹਨ ਕਿ ਉਹਨਾਂ ਉੱਤੇ (ਕੋਈ ਬਿਪਤਾ ਆ ਖੜੀ) ਹੈ, ਉਹੀਓ ਤੁਹਾਡੇ ਅਸਲੀ ਦੁਸ਼ਮਨ ਹਨ। ਸੋ ਤੁਸੀਂ ਉਹਨਾਂ ਤੋਂ ਸਾਵਧਾਨ ਰਹੋ, ਅੱਲਾਹ ਉਹਨਾਂ ਨੂੰ ਹਲਾਕ ਕਰੇ, ਉਹ ਕਿੱਥੇ ਫਿਰੇ ਜਾ ਰਹੇ ਹਨ?

وَإِذَا رَأَيْتَهُمْ تُعْجِبُكَ أَجْسَامُهُمْ ۖ وَإِنْ يَقُولُوا تَسْمَعْ لِقَوْلِهِمْ ۖ كَأَنَّهُمْ خُشُبٌ مُسَنَّدَةٌ ۖ يَحْسَبُونَ كُلَّ صَيْحَةٍ عَلَيْهِمْ ۚ هُمُ الْعَدُوُّ فَاحْذَرْهُمْ ۚ قَاتَلَهُمُ اللَّهُ ۖ أَنَّىٰ يُؤْفَكُونَ ﴿٤﴾

5 ਜਦੋਂ ਉਹਨਾਂ ਨੂੰ ਆਖਿਆ ਜਾਂਦਾ ਹੈ ਕਿ ਆਓ ਤਾਂ ਜੋ ਰਸੂਲ ਤੁਹਾਡੇ ਲਈ (ਅੱਲਾਹ ਤੋਂ) ਬਖ਼ਸ਼ਿਸ਼ ਦੀ ਦੁਆ ਕਰੇ ਤਾਂ ਉਹ (ਇਨਕਾਰ ਵਿਚ) ਸਿਰ ਹਿਲਾਉਂਦੇ ਹਨ। ਤੁਸੀਂ ਉਹਨਾਂ ਨੂੰ ਵੇਖਦੇ ਹੋ ਕਿ ਉਹ ਹੰਕਾਰ ਵਿਚ ਆਕੇ ਰਸੂਲ ਕੋਲ ਆਉਣ ਤੋਂ ਰੁਕ ਜਾਂਦੇ ਹਨ।

وَإِذَا قِيلَ لَهُمْ تَعَالَوْا يَسْتَغْفِرْ لَكُمْ رَسُولُ اللَّهِ لَوَّوْا رُءُوسَهُمْ وَرَأَيْتَهُمْ يَصُدُّونَ وَهُمْ مُسْتَكْبِرُونَ ﴿٥﴾

6 ਹੇ ਨਬੀ! ਤੁਸੀਂ ਭਾਵੇਂ ਉਹਨਾਂ ਲਈ ਮੁਆਫ਼ੀ ਮੰਗੋ ਭਾਵੇਂ ਨਾ ਮੰਗੋ ਉਹਨਾਂ ਲਈ ਇਕ ਬਰਾਬਰ ਹੈ, ਅੱਲਾਹ ਉਹਨਾਂ ਨੂੰ ਕਦੇ ਵੀ ਮੁਆਫ਼ ਨਹੀਂ

سَوَاءٌ عَلَيْهِمْ أَسْتَغْفَرْتَ لَهُمْ أَمْ لَمْ تَسْتَغْفِرْ لَهُمْ لَنْ يَغْفِرَ اللَّهُ لَهُمْ ۚ إِنَّ اللَّهَ لَا يَهْدِي الْقَوْمَ الْفَاسِقِينَ ﴿٦﴾

ਕਰੇਗਾ। ਬੇਸ਼ੱਕ ਅੱਲਾਹ ਨਾ-ਫ਼ਰਮਾਨ ਕੌਮ ਨੂੰ ਹਿਦਾਇਤ ਨਹੀਂ ਦਿੰਦਾ।[1]

هُمُ الَّذِينَ يَقُولُونَ لَا تُنفِقُوا عَلَىٰ مَنْ عِندَ رَسُولِ اللَّهِ حَتَّىٰ يَنفَضُّوا ۗ وَلِلَّهِ خَزَائِنُ السَّمَاوَاتِ وَالْأَرْضِ وَلَٰكِنَّ الْمُنَافِقِينَ لَا يَفْقَهُونَ ٧

7. ਇਹ ਉਹੀਓ ਹਨ ਜਿਹੜੇ ਇਹ ਆਖਦੇ ਹਨ ਕਿ ਜੋ ਲੋਕ ਅੱਲਾਹ ਦੇ ਰਸੂਲ ਦੇ ਨਾਲ ਰਹਿੰਦੇ ਹਨ ਤੁਸੀਂ ਉਹਨਾਂ (ਮਹਾਜਰਾਂ) ਉੱਤੇ ਖ਼ਰਚ ਨਾ ਕਰੋ ਤਾਂ ਜੋ ਉਹ (ਮਦੀਨੇ 'ਚੋਂ) ਨੱਸ ਜਾਣ। ਜਦੋਂ ਕਿ ਅਕਾਸ਼ਾਂ ਅਤੇ ਧਰਤੀ ਦੇ ਸਾਰੇ ਖ਼ਜ਼ਾਨੇ ਅੱਲਾਹ ਦੇ ਹੀ ਹਨ, ਪਰ ਮੁਨਾਫ਼ਿਕ ਇਹ ਗੱਲ ਨਹੀਂ ਸਮਝਦੇ।

يَقُولُونَ لَئِن رَّجَعْنَا إِلَى الْمَدِينَةِ لَيُخْرِجَنَّ الْأَعَزُّ مِنْهَا الْأَذَلَّ ۚ وَلِلَّهِ الْعِزَّةُ وَلِرَسُولِهِ وَلِلْمُؤْمِنِينَ وَلَٰكِنَّ الْمُنَافِقِينَ لَا يَعْلَمُونَ ٨

8. ਉਹ ਇਹ ਵੀ ਆਖਦੇ ਹਨ ਕਿ ਜੇ ਅਸੀਂ ਮੁੜ ਮਦੀਨੇ ਵਿਖੇ ਗਏ ਤਾਂ ਜਿਹੜੇ ਪਤਵੰਤੇ ਹਨ ਉਹ ਹੀਣੇ ਲੋਕਾਂ ਨੂੰ ਉੱਥਿਓਂ ਕੱਢ ਦੇਣਗੇ, ਜਦ ਕਿ ਆਦਰ-ਮਾਨ ਤਾਂ ਅੱਲਾਹ, ਉਸ ਦੇ ਰਸੂਲ ਤੇ ਮੋਮਿਨਾਂ ਲਈ ਹੈ, ਪ੍ਰੰਤੂ ਮੁਨਾਫ਼ਿਕ ਲੋਕ ਇਸ ਸੱਚਾਈ ਨੂੰ ਨਹੀਂ ਜਾਣਦੇ।

يَا أَيُّهَا الَّذِينَ آمَنُوا لَا تُلْهِكُمْ أَمْوَالُكُمْ وَلَا أَوْلَادُكُمْ عَن ذِكْرِ اللَّهِ ۚ وَمَن يَفْعَلْ ذَٰلِكَ فَأُولَٰئِكَ هُمُ الْخَاسِرُونَ ٩

9. ਹੇ ਈਮਾਨ ਵਾਲਿਓ! ਤੁਹਾਡੇ ਮਾਲ ਅਤੇ ਤੁਹਾਡੀ ਸੰਤਾਨ ਤੁਹਾਨੂੰ ਅੱਲਾਹ ਦੀ ਯਾਦ ਤੋਂ ਗ਼ਾਫ਼ਿਲ ਨਾ ਕਰ ਦੇਵੇ। ਜਿਹੜਾ ਕੋਈ ਅਜਿਹਾ ਕਰੇਗਾ ਉਹੀਓ ਘਾਟੇ ਵਿਚ ਰਹਿਣ ਵਾਲਾ ਹੈ।

وَأَنفِقُوا مِن مَّا رَزَقْنَاكُم مِّن قَبْلِ أَن يَأْتِيَ أَحَدَكُمُ الْمَوْتُ فَيَقُولَ رَبِّ لَوْلَا أَخَّرْتَنِي إِلَىٰ أَجَلٍ قَرِيبٍ فَأَصَّدَّقَ وَأَكُن مِّنَ الصَّالِحِينَ ١٠

10. ਅਤੇ ਜੋ ਅਸੀਂ ਤੁਹਾਨੂੰ ਰੋਜ਼ੀ ਦਿੱਤੀ ਹੈ ਤੁਸੀਂ ਉਸ ਵਿੱਚੋਂ ਇਸ ਤੋਂ ਪਹਿਲਾਂ ਪਹਿਲਾਂ (ਅੱਲਾਹ ਦੀ ਰਾਹ ਵਿਚ) ਖ਼ਰਚ ਕਰੋ ਕਿ ਤੁਹਾਡੇ ਵਿੱਚੋਂ ਕਿਸੇ ਨੂੰ ਮੌਤ ਆ ਜਾਵੇ ਫਰ ਉਹ ਆਖੇ ਕਿ ਹੇ ਮੇਰੇ ਰੱਬ! ਮੈਨੂੰ ਕੁੱਝ ਸਮੇਂ ਦੀ ਮੋਹਲਤ ਕਿਉਂ ਨਹੀਂ ਦਿੱਤੀ ਕਿ ਮੈਂ ਸਦਕਾ (ਪੁੰਨ ਦਾਨ) ਕਰਦਾ ਅਤੇ ਮੈਂ ਵੀ ਨੇਕ ਲੋਕਾਂ ਵਿੱਚੋਂ ਹੋ ਜਾਂਦਾ।[2]

[1] ਵੇਖੋ ਸੂਰਤ ਅਨ-ਨਿਸਾ, ਹਾਸ਼ੀਆ ਆਇਤ 138,145/4

[2] ਵੇਖੋ ਸੂਰਤ ਆਲੇ ਇਮਰਾਨ, ਹਾਸ਼ੀਆ ਆਇਤ 180/3 ਅਤੇ ਸੂਰਤ ਅਨ-ਨਿਸਾ, ਹਾਸ਼ੀਆ ਆਇਤ 37/4

11. ਜਦੋਂ ਉਸ ਦੀ ਮੌਤ ਦਾ ਸਮਾਂ ਆ ਜਾਵੇਗਾ ਫੇਰ ਅੱਲਾਹ ਕਦੇ ਵੀ ਕਿਸੇ ਨੂੰ ਮੋਹਲਤ ਨਹੀਂ ਦੇਵੇਗਾ। ਤੁਸੀਂ ਜੋ ਕੁੱਝ ਵੀ ਅਮਲ ਕਰਦੇ ਹੋ ਅੱਲਾਹ ਉਸ ਦੀ ਖ਼ਬਰ ਰੱਖਦਾ ਹੈ।

وَلَن يُؤَخِّرَ اللَّهُ نَفْسًا إِذَا جَاءَ أَجَلُهَا ۚ وَاللَّهُ خَبِيرٌ بِمَا تَعْمَلُونَ ۝١١

64. ਸੂਰਤ ਅਤ-ਤਗ਼ਾਬੁਨ (ਮਦਨੀ-100)

سُورَةُ التَّغَابُنِ

(ਆਇਤਾਂ 18, ਰੁਕੂਅ 2)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਹਰ ਉਹ ਚੀਜ਼ ਜਿਹੜੀ ਵੀ ਅਕਾਸ਼ਾਂ ਤੇ ਧਰਤੀ ਵਿਚ ਹੈ ਅੱਲਾਹ ਦੀ ਹੀ ਤਸਬੀਹ (ਪਵਿੱਤਰਤਾ ਵਰਨਨ) ਕਰਦੀ ਹੈ। ਪਾਤਸ਼ਾਹੀ ਵੀ ਉਸੇ ਲਈ ਹੈ ਅਤੇ ਹਰ ਪ੍ਰਕਾਰ ਦੀ ਪ੍ਰਸ਼ੰਸਾ ਵੀ ਉਸੇ ਲਈ ਹੈ, ਹਰੇਕ ਚੀਜ਼ ਉਸ ਦੇ ਕਾਬੂ ਹੇਠ ਹੈ।

يُسَبِّحُ لِلَّهِ مَا فِي السَّمَاوَاتِ وَمَا فِي الْأَرْضِ ۖ لَهُ الْمُلْكُ وَلَهُ الْحَمْدُ ۖ وَهُوَ عَلَىٰ كُلِّ شَيْءٍ قَدِيرٌ ۝١

2. ਉਹੀਓ ਹੈ ਜਿਸ ਨੇ ਤੁਹਾਨੂੰ ਸਾਜਿਆ ਫੇਰ ਤੁਹਾਡੇ ਵਿੱਚੋਂ ਕੋਈ ਇਨਕਾਰੀ ਹੈ ਤੇ ਕੋਈ ਈਮਾਨ ਵਾਲਾ ਹੈ। ਤੁਸੀਂ ਜੋ ਕੁੱਝ ਵੀ ਕਰਦੇ ਹੋ ਅੱਲਾਹ ਉਸ ਨੂੰ ਚੰਗੀ ਤਰ੍ਹਾਂ ਵੇਖਦਾ ਹੈ।

هُوَ الَّذِي خَلَقَكُمْ فَمِنكُمْ كَافِرٌ وَمِنكُم مُّؤْمِنٌ ۚ وَاللَّهُ بِمَا تَعْمَلُونَ بَصِيرٌ ۝٢

3. ਉਸੇ ਨੇ ਅਕਾਸ਼ ਤੇ ਧਰਤੀ ਨੂੰ ਹੱਕ (ਭਾਵ ਇਨਸਾਫ਼) ਨਾਲ ਸਾਜਿਆ ਅਤੇ ਤੁਹਾਡੀਆਂ ਸ਼ਕਲਾਂ-ਸੂਰਤਾਂ ਬਣਾਈਆਂ ਅਤੇ ਤੁਹਾਨੂੰ ਬਹੁਤ ਹੀ ਸੋਹਣੀਆਂ ਸੂਰਤਾਂ ਬਖ਼ਸ਼ੀਆਂ ਅਤੇ ਤੁਸੀਂ ਸਭ ਨੇ ਉਸੇ ਵੱਲ ਪਰਤਣਾ ਹੈ।

خَلَقَ السَّمَاوَاتِ وَالْأَرْضَ بِالْحَقِّ وَصَوَّرَكُمْ فَأَحْسَنَ صُوَرَكُمْ ۖ وَإِلَيْهِ الْمَصِيرُ ۝٣

4. ਜੋ ਕੁੱਝ ਵੀ ਅਕਾਸ਼ਾਂ ਤੇ ਧਰਤੀ ਵਿਚ ਹੈ ਉਹ ਸਭ ਜਾਣਦਾ ਹੈ ਅਤੇ (ਉਹ ਵੀ ਜਾਣਦਾ ਹੈ) ਜੋ ਤੁਸੀਂ ਲੁਕੋਂਦੇ ਹੋ ਅਤੇ ਪ੍ਰਗਟ ਕਰਦੇ ਹੋ। ਅੱਲਾਹ ਦਿਲਾਂ ਦੇ ਭੇਤਾਂ ਨੂੰ ਭਲੀ-ਭਾਂਤ ਜਾਣਦਾ ਹੈ।

يَعْلَمُ مَا فِي السَّمَاوَاتِ وَالْأَرْضِ وَيَعْلَمُ مَا تُسِرُّونَ وَمَا تُعْلِنُونَ ۚ وَاللَّهُ عَلِيمٌ بِذَاتِ الصُّدُورِ ۝٤

5. ਕੀ ਤੁਹਾਨੂੰ ਉਹਨਾਂ ਲੋਕਾਂ ਦੀ ਖ਼ਬਰ ਨਹੀਂ ਜਿਨ੍ਹਾਂ ਨੇ ਇਸ ਤੋਂ ਪਹਿਲਾਂ ਇਨਕਾਰ ਕੀਤਾ ਸੀ?

أَلَمْ يَأْتِكُمْ نَبَأُ الَّذِينَ كَفَرُوا مِن قَبْلُ فَذَاقُوا وَبَالَ أَمْرِهِمْ وَلَهُمْ عَذَابٌ أَلِيمٌ ۝٥

ਫੇਰ ਉਹਨਾਂ ਨੇ ਆਪਣੀਆਂ ਕਰਤੂਤਾਂ ਦਾ ਸੁਆਦ ਚਖਿਆ, ਉਹਨਾਂ ਲਈ ਦੁਖਦਾਈ ਅਜ਼ਾਬ ਹੈ।

ذٰلِكَ بِاَنَّهٗ كَانَتْ تَّاْتِيْهِمْ رُسُلُهُمْ بِالْبَيِّنٰتِ فَقَالُوْٓا اَبَشَرٌ يَّهْدُوْنَنَا ۡ فَكَفَرُوْا وَتَوَلَّوْا وَّاسْتَغْنَى اللّٰهُ ۗ وَاللّٰهُ غَنِيٌّ حَمِيْدٌ ۝

6 ਇਹ (ਸਜ਼ਾ) ਇਸ ਲਈ ਹੈ ਕਿ ਜਦੋਂ ਉਹਨਾਂ ਦੇ ਰਸੂਲ ਉਹਨਾਂ ਕੋਲ (ਰਸੂਲ ਹੋਣ ਦੀਆਂ) ਖੁੱਲ੍ਹੀਆਂ ਨਿਸ਼ਾਨੀਆਂ ਲਿਆਉਂਦੇ ਤਾਂ ਉਹ (ਇਨਕਾਰੀ) ਆਖਦੇ ਕਿ ਕੀ ਸਾਨੂੰ ਮਨੁੱਖ ਰਾਹ ਵਿਖਾਉਣਗੇ? ਇੰਜ ਉਹਨਾਂ ਨੇ ਇਨਕਾਰ ਕੀਤਾ ਅਤੇ ਹੱਕ ਸੱਚ ਤੋਂ ਮੂੰਹ ਮੋੜ ਲਿਆ, ਫੇਰ ਅੱਲਾਹ ਵੀ ਉਹਨਾਂ ਤੋਂ ਬੇ-ਪਰਵਾਹ ਹੋ ਗਿਆ। ਅੱਲਾਹ ਬਹੁਤ ਹੀ ਬੇ-ਪਰਵਾਹ ਹੈ ਅਤੇ ਉਹੀਓ ਸ਼ਲਾਘਾ ਯੋਗ ਹੈ।

زَعَمَ الَّذِيْنَ كَفَرُوْٓا اَنْ لَّنْ يُّبْعَثُوْا ۗ قُلْ بَلٰى وَرَبِّيْ لَتُبْعَثُنَّ ثُمَّ لَتُنَبَّؤُنَّ بِمَا عَمِلْتُمْ ۗ وَذٰلِكَ عَلَى اللّٰهِ يَسِيْرٌ ۝

7. ਇਨਕਾਰੀਆਂ ਦਾ ਦਾਅਵਾ ਇਹ ਹੈ ਕਿ ਉਹਨਾਂ ਨੂੰ (ਕਬਰਾਂ ਵਿੱਚੋਂ) ਕਦੇ ਵੀ (ਜਿਉਂਦਾ) ਉਠਾਇਆ ਨਹੀਂ ਜਾਵੇਗਾ। (ਹੇ ਨਬੀ!) ਆਖ ਦਿਓ, ਕਿਉਂ ਨਹੀਂ, ਮੇਰੇ ਰੱਬ ਦੀ ਸੌਂਹ ਤੁਹਾਨੂੰ ਜ਼ਰੂਰ ਉਠਾਇਆ ਜਾਵੇਗਾ, ਫੇਰ ਤੁਹਾਨੂੰ ਦੱਸਿਆ ਜਾਵੇਗਾ ਜੋ ਤੁਸੀਂ (ਸੰਸਾਰ ਵਿਚ) ਕਰਦੇ ਸੀ। ਇਹ ਕੰਮ ਕਰਨਾ ਅੱਲਾਹ ਲਈ ਬਹੁਤ ਹੀ ਸੌਖਾ ਹੈ।

فَاٰمِنُوْا بِاللّٰهِ وَرَسُوْلِهٖ وَالنُّوْرِ الَّذِيْٓ اَنْزَلْنَا ۗ وَاللّٰهُ بِمَا تَعْمَلُوْنَ خَبِيْرٌ ۝

8 ਸੋ ਤੁਸੀਂ ਅੱਲਾਹ, ਉਸ ਦੇ ਰਸੂਲ ਅਤੇ ਉਸ ਨੂਰ (ਕੁਰਆਨ) ਉੱਤੇ ਈਮਾਨ ਲਿਆਓ ਜਿਹੜਾ ਅਸੀਂ ਤੁਹਾਡੇ 'ਤੇ ਉਤਾਰਿਆ ਹੈ। ਅੱਲਾਹ ਹਰ ਉਸ ਕੰਮ ਨੂੰ ਚੰਗੀ ਤਰ੍ਹਾਂ ਜਾਣਦਾ ਹੈ ਜੋ ਤੁਸੀਂ ਕਰਦੇ ਹੋ।

يَوْمَ يَجْمَعُكُمْ لِيَوْمِ الْجَمْعِ ذٰلِكَ يَوْمُ التَّغَابُنِ ۗ وَمَنْ يُّؤْمِنْۢ بِاللّٰهِ وَيَعْمَلْ صَالِحًا يُّكَفِّرْ عَنْهُ سَيِّاٰتِهٖ وَيُدْخِلْهُ جَنّٰتٍ تَجْرِيْ مِنْ تَحْتِهَا الْاَنْهٰرُ خٰلِدِيْنَ فِيْهَآ اَبَدًا ۗ ذٰلِكَ الْفَوْزُ الْعَظِيْمُ ۝

9. ਜਦੋਂ ਉਹ (ਅੱਲਾਹ) ਤੁਹਾਨੂੰ ਇਕੱਠਾ ਹੋਣ ਵਾਲੇ ਦਿਨ ਇਕੱਤਰ ਕਰੇਗਾ, ਉਹ ਹਾਰ ਜਿੱਤ ਵਾਲਾ ਦਿਨ ਹੋਵੇਗਾ ਅਤੇ ਜਿਹੜਾ ਕੋਈ ਅੱਲਾਹ 'ਤੇ ਈਮਾਨ ਲਿਆਏ ਤੇ ਨੇਕ ਕੰਮ ਕਰੇ ਤਾਂ ਅੱਲਾਹ ਉਸ ਤੋਂ ਉਸ ਦੀਆਂ ਬੁਰਾਈਆਂ ਦੂਰ ਕਰ ਦੇਵੇਗਾ ਅਤੇ ਉਸ ਨੂੰ ਜੰਨਤ ਵਿਚ ਦਾਖ਼ਲ ਕਰੇਗਾ ਜਿਸ ਦੇ ਹੇਠ ਨਹਿਰਾਂ

ਵਗਦੀਆਂ ਹੋਣਗੀਆਂ ਅਤੇ ਉਹ ਉਸ ਵਿਚ ਸਦਾ ਰਹੇਗਾ, ਇਹੋ ਸਭ ਤੋਂ ਵੱਡੀ ਕਾਮਯਾਬੀ ਹੈ।

10. ਜਿਨ੍ਹਾਂ ਲੋਕਾਂ ਨੇ ਇਨਕਾਰ ਕੀਤਾ ਅਤੇ ਸਾਡੀਆਂ ਆਇਤਾਂ (ਭਾਵ ਆਦੇਸ਼ਾਂ) ਨੂੰ ਨਹੀਂ ਮੰਨਿਆ ਉਹ ਸਭ ਨਰਕੀ ਹਨ ਅਤੇ ਸਦਾ ਉਸੇ ਵਿਚ ਹੀ ਰਹਿਣਗੇ,[1] ਉਹ ਬਹੁਤ ਹੀ ਭੈੜਾ ਸਥਾਨ ਹੈ।

وَالَّذِينَ كَفَرُوا وَكَذَّبُوا بِآيَاتِنَا أُولَٰئِكَ أَصْحَابُ النَّارِ خَالِدِينَ فِيهَا ۖ وَبِئْسَ الْمَصِيرُ ﴿١٠﴾

11 ਜਿਹੜੀ ਵੀ ਕੋਈ ਬਿਪਤਾ ਆਉਂਦੀ ਹੈ ਉਹ ਅੱਲਾਹ ਦੇ ਹੁਕਮ ਨਾਲ ਹੀ ਆਉਂਦੀ ਹੈ। ਜੇ ਕੋਈ ਅੱਲਾਹ 'ਤੇ ਈਮਾਨ ਲਿਆਏ ਤਾਂ ਉਹ ਉਸ ਦੇ ਮਨ ਨੂੰ ਹਿਦਾਇਤ ਦਿੰਦਾ ਹੈ। ਅੱਲਾਹ ਹਰ ਚੀਜ਼ ਨੂੰ ਜਾਣਦਾ ਹੈ।

مَا أَصَابَ مِنْ مُصِيبَةٍ إِلَّا بِإِذْنِ اللَّهِ ۗ وَمَنْ يُؤْمِنْ بِاللَّهِ يَهْدِ قَلْبَهُ ۚ وَاللَّهُ بِكُلِّ شَيْءٍ عَلِيمٌ ﴿١١﴾

12 ਤੁਸੀਂ ਅੱਲਾਹ ਅਤੇ ਉਸ ਦੇ ਰਸੂਲ ਦੇ ਹੁਕਮਾਂ ਦੀ ਪਾਲਣਾ ਕਰੋ। ਜੇ ਤੁਸੀਂ ਹੱਕ ਤੋਂ ਮੂੰਹ ਮੋੜੋਗੇ ਤਾਂ ਸਾਡੇ ਰਸੂਲ ਦਾ ਕੰਮ ਤਾਂ ਕੇਵਲ ਆਦੇਸ਼ਾਂ ਨੂੰ ਸਪਸ਼ਟ ਕਰਕੇ ਪਹੁੰਚਾ ਦੇਣਾ ਹੈ।

وَأَطِيعُوا اللَّهَ وَأَطِيعُوا الرَّسُولَ ۚ فَإِنْ تَوَلَّيْتُمْ فَإِنَّمَا عَلَىٰ رَسُولِنَا الْبَلَاغُ الْمُبِينُ ﴿١٢﴾

13. ਅੱਲਾਹ ਉਹ ਹੈ ਜਿਸ ਤੋਂ ਛੁੱਟ ਕੋਈ (ਸੱਚਾ) ਇਸ਼ਟ ਨਹੀਂ ਅਤੇ ਈਮਾਨ ਵਾਲਿਆਂ ਨੂੰ ਚਾਹੀਦਾ ਹੈ ਕਿ ਉਸੇ 'ਤੇ ਹੀ ਭਰੋਸਾ ਕਰਨ।

اللَّهُ لَا إِلَٰهَ إِلَّا هُوَ ۚ وَعَلَى اللَّهِ فَلْيَتَوَكَّلِ الْمُؤْمِنُونَ ﴿١٣﴾

14. ਹੇ ਈਮਾਨ ਵਾਲਿਓ! ਬੇਸ਼ੱਕ ਤੁਹਾਡੀਆਂ ਪਤਨੀਆਂ ਅਤੇ ਤੁਹਾਡੀ ਔਲਾਦ ਵਿਚੋਂ ਕੁੱਝ ਤੁਹਾਡੇ ਦੁਸ਼ਮਨ ਹਨ, ਸੋ ਤੁਸੀਂ ਉਹਨਾਂ ਤੋਂ ਬਚੋ, ਜੇ ਮੁਆਫ਼ ਕਰ ਦਿਓ ਅਤੇ (ਭੁੱਲਾਂ ਦੀ) ਅਣਦੇਖੀ ਕਰ ਦਿਓ ਅਤੇ ਖਿਮਾਂ ਬਖ਼ਸ਼ੋ ਤਾਂ ਬੇਸ਼ੱਕ ਅੱਲਾਹ ਬਖ਼ਸ਼ਣਹਾਰ ਤੇ ਮਿਹਰਬਾਨ ਹੈ।

يَا أَيُّهَا الَّذِينَ آمَنُوا إِنَّ مِنْ أَزْوَاجِكُمْ وَأَوْلَادِكُمْ عَدُوًّا لَكُمْ فَاحْذَرُوهُمْ ۚ وَإِنْ تَعْفُوا وَتَصْفَحُوا وَتَغْفِرُوا فَإِنَّ اللَّهَ غَفُورٌ رَحِيمٌ ﴿١٤﴾

15 ਬੇਸ਼ੱਕ ਤੁਹਾਡੇ ਮਾਲ ਅਤੇ ਤੁਹਾਡੀ ਔਲਾਦ ਤਾਂ ਇੱਕ ਫ਼ਿਤਨਾ (ਅਜ਼ਮਾਇਸ਼) ਹੈ ਅਤੇ ਵੱਡਾ ਬਦਲਾ ਤਾਂ ਅੱਲਾਹ ਕੋਲ ਹੈ।

إِنَّمَا أَمْوَالُكُمْ وَأَوْلَادُكُمْ فِتْنَةٌ ۚ وَاللَّهُ عِنْدَهُ أَجْرٌ عَظِيمٌ ﴿١٥﴾

---

1. ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

16 ਸੋ ਜਿੱਥੇ ਤਕ ਹੋ ਸਕੇ ਤੁਸੀਂ ਅੱਲਾਹ ਤੋਂ ਡਰੋ, (ਅੱਲਾਹ ਦੇ ਹੁਕਮਾਂ ਨੂੰ) ਧਿਆਨ ਨਾਲ ਸੁਣੋ ਅਤੇ ਪਾਲਣਾ ਕਰੋ ਅਤੇ (ਅੱਲਾਹ ਦੀ ਰਾਹ ਵਿਚ) ਖ਼ਰਚ ਕਰੋ, ਤੁਹਾਡੇ ਲਈ ਇਹੋ ਵਧੀਆ ਗੱਲ ਹੈ। ਜਿਸ ਨੇ ਆਪਣੇ ਆਪ ਨੂੰ ਲਾਲਚੀ ਹੋਣ ਤੋਂ ਬਚਾ ਲਿਆ ਉਹੀਓ ਲੋਕ ਸਫ਼ਲਤਾ ਪ੍ਰਾਪਤ ਕਰਨ ਵਾਲੇ ਹਨ।

فَاتَّقُوا اللَّهَ مَا اسْتَطَعْتُمْ وَاسْمَعُوا وَأَطِيعُوا
وَأَنْفِقُوا خَيْرًا لِأَنْفُسِكُمْ ۗ وَمَنْ يُوقَ شُحَّ
نَفْسِهِ فَأُولَٰئِكَ هُمُ الْمُفْلِحُونَ ﴿١٦﴾

17 ਜੇ ਤੁਸੀਂ ਅੱਲਾਹ ਨੂੰ ਕਰਜ਼ ਦਿਓ ਤਾਂ ਕਰਜ਼ੇ ਹਸਨਾ (ਸੋਹਣਾ ਕਰਜ਼) ਦਿਓ, ਤਾਂ ਉਹ ਤੁਹਾਨੂੰ ਕਈ ਗੁਣਾ ਵਧਾ ਕੇ ਮੋੜ ਦੇਵੇਗਾ ਅਤੇ ਤੁਹਾਡੀਆਂ ਭੁੱਲਾਂ ਨੂੰ ਬਖ਼ਸ਼ ਦੇਵੇਗਾ। ਅੱਲਾਹ ਤੁਹਾਡੀ ਕਦਰ ਕਰਨ ਵਾਲਾ ਹੈ ਅਤੇ ਬਹੁਤ ਹੀ ਨਰਮਾਈ ਵਾਲਾ ਹੈ।

إِنْ تُقْرِضُوا اللَّهَ قَرْضًا حَسَنًا يُضَاعِفْهُ لَكُمْ
وَيَغْفِرْ لَكُمْ ۚ وَاللَّهُ شَكُورٌ حَلِيمٌ ﴿١٧﴾

18 ਉਹ ਗ਼ੈਬ ਅਤੇ ਜ਼ਾਹਿਰ ਦਾ ਗਿਆਨ ਰੱਖਣ ਵਾਲਾ ਹੈ, ਉਹ ਵੱਡਾ ਜ਼ੋਰਾਵਰ ਤੇ ਯੁਕਤੀਮਾਨ ਹੈ।

عَالِمُ الْغَيْبِ وَالشَّهَادَةِ الْعَزِيزُ الْحَكِيمُ ﴿١٨﴾

65. ਸੂਰਤ ਅਤ-ਤਲਾਕ (ਮਦਨੀ-99)

سُورَةُ الطَّلَاقِ

(ਆਇਤਾਂ 12, ਰੁਕੂਅ 2)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਹੇ ਨਬੀ ਜਦੋਂ ਵੀ ਤੁਸੀਂ ਇਸਤਰੀਆਂ (ਪਤਨੀਆਂ) ਨੂੰ ਤਲਾਕ ਦਿਓ ਤਾਂ ਉਹਨਾਂ ਨੂੰ ਉਹਨਾਂ ਦੀ ਇੱਦਤ (ਦੇ ਆਰੰਭਿਕ ਦਿਨਾਂ) ਵਿਚ ਹੀ ਤਲਾਕ ਦਿਓ ਅਤੇ ਇੱਦਤ (ਦੇ ਦਿਨਾਂ) ਦੀ ਗਿਣਤੀ ਰੱਖੋ।[1] ਅੱਲਾਹ ਤੋਂ ਡਰੋ ਜੋ ਤੁਹਾਡਾ ਪਾਲਣਹਾਰ ਹੈ। ਇੱਦਤ ਦੇ ਦਿਨਾਂ ਵਿਚ ਨਾ ਤੁਸੀਂ

يَا أَيُّهَا النَّبِيُّ إِذَا طَلَّقْتُمُ النِّسَاءَ فَطَلِّقُوهُنَّ
لِعِدَّتِهِنَّ وَأَحْصُوا الْعِدَّةَ ۖ وَاتَّقُوا اللَّهَ رَبَّكُمْ ۖ
لَا تُخْرِجُوهُنَّ مِنْ بُيُوتِهِنَّ وَلَا يَخْرُجْنَ إِلَّا
أَنْ يَأْتِينَ بِفَاحِشَةٍ مُبَيِّنَةٍ ۚ وَتِلْكَ
حُدُودُ اللَّهِ ۚ وَمَنْ يَتَعَدَّ حُدُودَ اللَّهِ فَقَدْ

---

1 "ਇੱਦਤ ਦੇ ਸਮੇਂ ਵਿਚ ਤਲਾਕ ਦਿਓ" ਤੋਂ ਭਾਵ ਹੈ ਕਿ ਇੱਦਤ ਦੇ ਆਰੰਭ ਵਿਚ ਭਾਵ ਜਦੋਂ ਔਰਤ ਮਾਹਵਾਰੀ ਤੋਂ ਪਾਕ ਹੋ ਜਾਵੇ ਤਾਂ ਉਸ ਨਾਲ ਸੰਭੋਗ ਕਰੇ ਬਿਨਾਂ ਤਲਾਕ ਦਿਓ, ਪਾਕੀ ਦੀ ਹਾਲਤ ਇਸ ਦੀ ਇੱਦਤ ਦਾ ਆਰੰਭ ਹੈ। ਹਦੀਸ ਵਿਚ ਹੈ ਕਿ ਅਬਦੁੱਲਾ ਬਿਨ ਉਮਰ ਨੇ ਨਬੀ (ਸ:) ਦੇ ਸਮੇਂ ਵਿਚ ਆਪਣੀ ਪਤਨੀ ਆਮਨਾ ਬਿਨਤ ਗ਼ੱਫ਼ਾਰ ਨੂੰ ਮਾਹਵਾਰੀ ਦੇ ਦਿਨਾਂ ਵਿਚ ਹੀ ਤਲਾਕ ਦੇ ਦਿੱਤੀ, ਹਜ਼ਰਤ ਉਮਰ ਨੇ ਇਸ ਸੰਬੰਧ ਵਿਚ ਨਬੀ-

ਉਹਨਾਂ ਨੂੰ ਉਹਨਾਂ ਦੇ ਘਰੋਂ ਕੱਢੋ ਅਤੇ ਨਾ ਹੀ ਉਹ ਆਪ ਨਿਕਲਣ, ਪਰ ਜੇ ਉਹ ਕੋਈ ਪ੍ਰਤੱਖ ਬੁਰਾਈ ਕਰ ਬੈਠਣ (ਤਾਂ ਕੱਢ ਸਕਦੇ ਹੋ) ਇਹ ਹੱਦਾਂ ਅੱਲਾਹ ਦੀਆਂ ਨਿਯਤ ਕੀਤੀਆਂ ਹੋਈਆਂ ਹਨ। ਜਿਹੜਾ ਕੋਈ ਅੱਲਾਹ ਦੀਆਂ ਹੱਦਾਂ ਦੀ ਉਲੰਘਣਾ ਕਰੇਗਾ ਉਹ ਆਪਣੇ 'ਤੇ ਆਪ ਜ਼ੁਲਮ ਕਰੇਗਾ। (ਹੇ ਲੋਕੋ!) ਤੁਸੀਂ ਨਹੀਂ ਜਾਣਦੇ ਕਿ ਇਸ (ਤਲਾਕ) ਤੋਂ ਮਗਰੋਂ ਅੱਲਾਹ (ਮੇਲ ਮਿਲਾਪ ਦੀ) ਕੋਈ ਨਵੀਂ ਰਾਹ ਕੱਢ ਦੇਵੇ।

ظَلَمَ نَفْسَهٗ ؕ لَا تَدْرِیْ لَعَلَّ اللّٰهَ یُحْدِثُ
بَعْدَ ذٰلِكَ اَمْرًا ①

2. ਫੇਰ ਜਦੋਂ ਉਹ ਆਪਣੀ ਇੱਦਤ (ਦੀ ਸਮਾਪਤੀ) ਨੂੰ ਪੁੱਜ ਜਾਣ ਤਾਂ ਉਹਨਾਂ ਨੂੰ ਜਾਂ ਤਾਂ ਭਲੇ ਤਰੀਕੇ ਨਾਲ (ਆਪਣੇ ਨਿਕਾਹ ਵਿਚ) ਰੋਕ ਲਵੋ ਜਾਂ ਉਹਨਾਂ ਨੂੰ ਭਲੇ ਤਰੀਕੇ ਨਾਲ ਛੱਡ ਦਿਓ। ਜਦੋਂ ਤਲਾਕ ਦਿਓ ਤਾਂ ਤੁਸੀਂ ਆਪਣੇ ਵਿੱਚੋਂ ਦੋ ਵਿਅਕਤੀਆਂ ਨੂੰ ਗਵਾਹ ਬਣਾ ਲਓ, ਜਿਹੜੇ ਨਿਆਕਾਰ ਹੋਣ ਅਤੇ ਗਵਾਹੀ ਨੂੰ ਅੱਲਾਹ ਵਾਸਤੇ ਕਾਇਮ ਰੱਖਣ। ਇਹਨਾਂ ਹੁਕਮਾਂ ਦੀ ਨਸੀਹਤ ਉਸ ਨੂੰ ਕੀਤੀ ਜਾਂਦੀ ਹੈ ਜਿਹੜਾ ਕੋਈ ਅੱਲਾਹ ਤੇ ਅੰਤਿਮ ਦਿਹਾੜੇ (ਕਿਆਮਤ) ਉੱਤੇ ਈਮਾਨ ਰੱਖਦਾ ਹੈ ਅਤੇ ਜਿਹੜਾ ਵਿਅਕਤੀ ਅੱਲਾਹ ਤੋਂ ਡਰਦਾ ਹੋਵੇ ਤਾਂ ਉਹ (ਅੱਲਾਹ) ਉਸ ਲਈ ਔਕੜਾਂ ਵਿੱਚੋਂ ਨਿਕਲਣ ਦੀ ਰਾਹ ਕੱਢ ਦਿੰਦਾ ਹੈ।

فَاِذَا بَلَغْنَ اَجَلَهُنَّ فَاَمْسِكُوْهُنَّ بِمَعْرُوْفٍ
اَوْ فَارِقُوْهُنَّ بِمَعْرُوْفٍ وَّاَشْهِدُوْا ذَوَیْ عَدْلٍ
مِّنْكُمْ وَاَقِیْمُوا الشَّهَادَةَ لِلّٰهِ ؕ ذٰلِكُمْ یُوْعَظُ بِهٖ
مَنْ كَانَ یُؤْمِنُ بِاللّٰهِ وَالْیَوْمِ الْاٰخِرِ ؕ۬ وَمَنْ
یَّتَّقِ اللّٰهَ یَجْعَلْ لَّهٗ مَخْرَجًا ②

ਕਰੀਮ (ਸ:) ਨੂੰ ਪੁੱਛਿਆ ਤਾਂ ਆਪ (ਸ:) ਨੇ ਫ਼ਰਮਾਇਆ, ਆਪਣੇ ਪੁੱਤਰ ਨੂੰ ਕਹੋ ਕਿ ਉਹ ਪਰਤ ਜਾਵੇ ਅਤੇ ਇਸ ਔਰਤ ਨੂੰ ਮਾਹਵਾਰੀ ਤੋਂ ਪਾਕ ਹੋਣ ਤਕ ਆਪਣੇ ਕੋਲ ਰਹਿਣ ਦਿਓ ਇੱਥੋਂ ਤਕ ਕਿ ਉਸ ਨੂੰ ਮੁੜ ਮਾਹਵਾਰੀ ਆ ਜਾਵੇ, ਫੇਰ ਉਹ ਮਾਹਵਾਰੀ ਤੋਂ ਪਾਕ ਹੋਵੇ ਫੇਰ ਉਸ ਨੂੰ ਅਧਿਕਾਰ ਹੈ ਕਿ ਜੇ ਉਹ ਉਸ ਨੂੰ ਰੱਖਣਾ ਚਾਹੇ ਤਾਂ ਰੱਖ ਲਵੇ ਜੇ ਤਲਾਕ ਦੇਣਾ ਚਾਹਵੇ ਤਾਂ ਸੰਭੋਗ ਤੋਂ ਪਹਿਲਾਂ ਤਲਾਕ ਦੇਵੇ ਅਤੇ ਇਹੋ ਇੱਦਤ ਹੈ ਜਿਸ ਨੂੰ ਅੱਲਾਹ ਨੇ ਨਿਯਤ ਕੀਤਾ ਹੈ ਕਿ ਔਰਤਾਂ ਨੂੰ ਉਹਨਾਂ ਦੀ ਇੱਦਤ ਵਿਚ ਹੀ ਤਲਾਕ ਦਿਓ। (ਸਹੀ ਬੁਖ਼ਾਰੀ, ਹਦੀਸ: 5251)

3. ਉਹ ਉਸ ਨੂੰ ਉੱਥਿਓਂ ਰਿਜ਼ਕ ਦਿੰਦਾ ਹੈ ਜਿੱਥਿਓਂ ਉਸ ਦਾ ਚਿੱਤ ਚੇਤਾ ਵੀ ਨਹੀਂ ਹੁੰਦਾ। ਜਿਹੜਾ ਵਿਅਕਤੀ ਅੱਲਾਹ 'ਤੇ ਭਰੋਸਾ ਕਰੇ ਤਾਂ ਉਸ ਲਈ ਉਹੀਓ ਕਾਫ਼ੀ ਹੈ। ਬੇਸ਼ੱਕ ਅੱਲਾਹ ਆਪਣਾ ਕੰਮ ਪੂਰਾ ਕਰਕੇ ਰਹਿੰਦਾ ਹੈ। ਅੱਲਾਹ ਨੇ ਹਰੇਕ ਚੀਜ਼ ਲਈ ਇਕ ਤਕਦੀਰ ਨਿਯਤ ਕਰ ਛੱਡੀ ਹੈ।

وَيَرْزُقْهُ مِنْ حَيْثُ لَا يَحْتَسِبُ ۚ وَمَن يَتَوَكَّلْ
عَلَى اللَّهِ فَهُوَ حَسْبُهُ ۚ إِنَّ اللَّهَ بَالِغُ أَمْرِهِ ۚ
قَدْ جَعَلَ اللَّهُ لِكُلِّ شَيْءٍ قَدْرًا ③

4. ਤੁਹਾਡੀਆਂ (ਤਲਾਕ ਸ਼ੁਦਾ) ਇਸਤਰੀਆਂ ਵਿੱਚੋਂ ਜਿਹੜੀਆਂ ਮਾਸਕ ਧਰਮ ਤੋਂ ਬੇਆਸ ਹੋ ਜਾਣ ਜੇ ਤੁਹਾਨੂੰ ਉਹਨਾਂ ਬਾਰੇ ਕੋਈ ਸ਼ੱਕ ਹੋ ਰਿਹਾ ਹੋਵੇ ਤਾਂ ਉਹਨਾਂ ਦੀ ਇੱਦਤ ਤਿੰਨ ਮਹੀਨੇ ਹੈ ਅਤੇ ਇਹੋ ਹੁਕਮ ਉਹਨਾਂ ਲਈ ਹੈ ਵੀ ਜਿਨ੍ਹਾਂ ਨੂੰ ਅਜਿਹੇ ਹੈਜ਼ (ਮਾਸਕ ਧਰਮ) ਨਹੀਂ ਆਇਆ। ਗਰਭਵਤੀ ਇਸਤਰੀਆਂ ਦੀ ਇੱਦਤ ਦੀ ਹੱਦ ਬੱਚਾ ਜਣਨ ਤਕ ਹੈ। ਜਿਹੜਾ ਵਿਅਕਤੀ ਅੱਲਾਹ ਤੋਂ ਡਰਦਾ ਹੈ ਤਾਂ ਉਹ ਉਸ ਦੇ ਕੰਮਾਂ ਵਿਚ ਆਸਾਨੀਆਂ ਪੈਦਾ ਕਰ ਦਿੰਦਾ ਹੈ।[1]

وَاللَّائِي يَئِسْنَ مِنَ الْمَحِيضِ مِن نِّسَائِكُمْ إِنِ
ارْتَبْتُمْ فَعِدَّتُهُنَّ ثَلَاثَةُ أَشْهُرٍ وَاللَّائِي لَمْ
يَحِضْنَ ۚ وَأُولَاتُ الْأَحْمَالِ أَجَلُهُنَّ أَن
يَضَعْنَ حَمْلَهُنَّ ۚ وَمَن يَتَّقِ اللَّهَ يَجْعَل لَّهُ
مِنْ أَمْرِهِ يُسْرًا ④

5. ਇਹ ਅੱਲਾਹ ਦਾ ਹੁਕਮ ਹੈ ਜਿਹੜਾ ਉਸ ਨੇ ਤੁਹਾਡੇ ਵੱਲ ਉਤਾਰਿਆ ਹੈ, ਜਿਹੜਾ ਵਿਅਕਤੀ ਅੱਲਾਹ ਤੋਂ ਡਰਦਾ ਹੈ ਤਾਂ ਅੱਲਾਹ ਉਸ ਦੀਆਂ ਬੁਰਾਈਆਂ ਨੂੰ ਉਸ ਤੋਂ ਦੂਰ ਕਰ ਦਿੰਦਾ ਹੈ ਤੇ ਉਸ ਦੇ ਬਦਲੇ ਵਿਚ ਹੋਰ ਵਾਧਾ ਕਰ ਦਿੰਦਾ ਹੈ।

ذَٰلِكَ أَمْرُ اللَّهِ أَنزَلَهُ إِلَيْكُمْ ۚ وَمَن يَتَّقِ
اللَّهَ يُكَفِّرْ عَنْهُ سَيِّئَاتِهِ وَيُعْظِمْ لَهُ أَجْرًا ⑤

6. ਤੁਸੀਂ (ਇੱਦਤ ਦੇ ਸਮੇਂ ਵਿਚ) ਉਹਨਾਂ ਨੂੰ ਉਸ ਥਾਂ ਰੱਖੋ ਜਿੱਥੇ ਤੁਸੀਂ ਆਪ ਰਹਿੰਦੇ ਹੋ ਜਿਹੋ ਜਿਹੀ ਥਾਂ ਤੁਹਾਨੂੰ ਜੁੜਦੀ ਹੋਵੇ। ਉਹਨਾਂ ਨੂੰ ਤੰਗ ਕਰਨ ਲਈ ਉਹਨਾਂ ਨੂੰ ਕੋਈ ਕਸ਼ਟ ਨਾ ਦਿਓ। ਜੇ ਉਹ ਗਰਭਵਤੀਆਂ ਹੋਣ ਤਾਂ ਬੱਚਾ ਜਣਨ ਤਕ ਉਹਨਾਂ 'ਤੇ ਖ਼ਰਚ ਕਰੋ, ਫੇਰ ਜੇ ਉਹ ਤੁਹਾਡੇ ਬੱਚੇ ਨੂੰ ਆਪਣਾ ਦੁੱਧ ਪਿਆਉਣ ਤਾਂ ਤੁਸੀਂ ਉਹਨਾਂ ਨੂੰ ਉਸ ਦੀ ਉਜਰਤ ਦਿਓ ਅਤੇ ਇਹ ਉਜਰਤ ਭਲੇ

أَسْكِنُوهُنَّ مِنْ حَيْثُ سَكَنتُم مِّن وُجْدِكُمْ
وَلَا تُضَارُّوهُنَّ لِتُضَيِّقُوا عَلَيْهِنَّ ۚ وَإِن كُنَّ
أُولَاتِ حَمْلٍ فَأَنفِقُوا عَلَيْهِنَّ حَتَّىٰ يَضَعْنَ
حَمْلَهُنَّ ۚ فَإِنْ أَرْضَعْنَ لَكُمْ فَآتُوهُنَّ أُجُورَهُنَّ ۖ
وَأْتَمِرُوا بَيْنَكُم بِمَعْرُوفٍ ۖ وَإِن تَعَاسَرْتُمْ
فَسَتُرْضِعُ لَهُ أُخْرَىٰ ⑥

---

1 ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 234/2

ਤਰੀਕੇ ਨਾਲ ਆਪਸੀ ਸਲਾਹ ਮਸ਼ਵਰੇ ਰਾਹੀਂ ਤੈਅ ਕਰੋ। ਜੇ ਤੁਸੀਂ ਆਪਸੀ ਜ਼ਿਦ ਬਾਜ਼ੀ ਕਰੋ ਤਾਂ ਉਸ ਨੂੰ ਕੋਈ ਦੂਜੀ ਇਸਤਰੀ ਆਪਣਾ ਦੁੱਧ ਪਿਲਾਏਗੀ।

لِيُنفِقْ ذُو سَعَةٍ مِّن سَعَتِهِۦ ۖ وَمَن قُدِرَ عَلَيْهِ رِزْقُهُۥ فَلْيُنفِقْ مِمَّآ ءَاتَىٰهُ ٱللَّهُ ۚ لَا يُكَلِّفُ ٱللَّهُ نَفْسًا إِلَّا مَآ ءَاتَىٰهَا ۚ سَيَجْعَلُ ٱللَّهُ بَعْدَ عُسْرٍ يُسْرًا ﴿٧﴾

7 ਖ਼ੁਸ਼ਹਾਲ ਵਿਅਕਤੀ ਨੂੰ ਚਾਹੀਦਾ ਹੈ ਕਿ ਆਪਣੀ ਹੈਸੀਅਤ ਅਨੁਸਾਰ ਖ਼ਰਚਾ ਕਰੇ ਅਤੇ ਜਿਸ ਦੀ ਰੋਜ਼ੀ ਵਿਚ ਤੰਗੀ ਹੋਵੇ ਤਾਂ ਉਹ ਉਸੇ ਵਿੱਚੋਂ ਖ਼ਰਚ ਕਰੇ ਜਿਹੜਾ ਅੱਲਾਹ ਨੇ ਉਸ ਨੂੰ ਦਿੱਤਾ ਹੈ। ਅੱਲਾਹ ਕਿਸੇ ਵੀ ਵਿਅਕਤੀ ਉੱਤੇ ਉੱਨੀ ਹੀ ਜ਼ਿੰਮੇਵਾਰੀ ਪਾਉਂਦਾ ਹੈ ਜਿੰਨਾ ਕੁੱਝ ਉਸ ਨੂੰ ਦਿੱਤਾ ਹੈ। ਅੱਲਾਹ ਤੰਗੀ ਤੋਂ ਬਾਅਦ ਛੇਤੀ ਹੀ ਖੁੱਲ੍ਹ ਦੇਵੇਗਾ।

وَكَأَيِّن مِّن قَرْيَةٍ عَتَتْ عَنْ أَمْرِ رَبِّهَا وَرُسُلِهِۦ فَحَاسَبْنَٰهَا حِسَابًا شَدِيدًا وَعَذَّبْنَٰهَا عَذَابًا نُّكْرًا ﴿٨﴾

8 ਕਿੰਨੀਆਂ ਹੀ ਬਸਤੀਆਂ ਹਨ ਜਿਨ੍ਹਾਂ ਨੇ ਆਪਣੇ ਰੱਬ ਤੇ ਉਸ ਦੇ ਰਸੂਲਾਂ ਦੇ ਹੁਕਮਾਂ ਤੋਂ ਸਰਕਸ਼ੀ ਕੀਤੀ ਤਾਂ ਅਸੀਂ ਉਹਨਾਂ ਦਾ ਲੇਖਾ-ਜੋਖਾ ਲਿਆ ਅਤੇ ਉਹਨਾਂ ਨੂੰ ਕਰੜੀ ਸਜ਼ਾ ਦਿੱਤੀ।

فَذَاقَتْ وَبَالَ أَمْرِهَا وَكَانَ عَٰقِبَةُ أَمْرِهَا خُسْرًا ﴿٩﴾

9. ਅੰਤ ਉਹਨਾਂ ਬਸਤੀਆਂ ਵਾਲਿਆਂ ਨੇ ਆਪਣੀਆਂ ਕਰਤੂਤਾਂ ਦਾ ਸੁਆਦ ਵੇਖ ਲਿਆ ਅਤੇ ਉਹਨਾਂ ਦੀਆਂ ਕਰਤੂਤਾਂ ਦਾ ਅੰਤ ਘਾਟਾ ਹੀ ਘਾਟਾ ਹੈ।

أَعَدَّ ٱللَّهُ لَهُمْ عَذَابًا شَدِيدًا ۖ فَٱتَّقُوا۟ ٱللَّهَ يَٰٓأُو۟لِى ٱلْأَلْبَٰبِ ٱلَّذِينَ ءَامَنُوا۟ ۚ قَدْ أَنزَلَ ٱللَّهُ إِلَيْكُمْ ذِكْرًا ﴿١٠﴾

10. ਅੱਲਾਹ ਨੇ (ਪਰਲੋਕ ਵਿਚ) ਉਹਨਾਂ ਲਈ ਕਰੜਾ ਅਜ਼ਾਬ ਤਿਆਰ ਕਰ ਛੱਡਿਆ ਹੈ। ਹੇ ਅਕਲ ਵਾਲਿਓ! ਜੇ ਤੁਸੀਂ ਈਮਾਨ ਲਿਆਏ ਹੋ ਤਾਂ ਅੱਲਾਹ ਤੋਂ ਡਰੋ। ਅੱਲਾਹ ਨੇ ਤੁਹਾਡੇ ਵੱਲ ਜ਼ਿਕਰ (ਕੁਰਆਨ) ਉਤਾਰਿਆ ਹੈ।

رَّسُولًا يَتْلُوا۟ عَلَيْكُمْ ءَايَٰتِ ٱللَّهِ مُبَيِّنَٰتٍ لِّيُخْرِجَ ٱلَّذِينَ ءَامَنُوا۟ وَعَمِلُوا۟ ٱلصَّٰلِحَٰتِ مِنَ ٱلظُّلُمَٰتِ إِلَى ٱلنُّورِ ۚ وَمَن يُؤْمِنۢ بِٱللَّهِ وَيَعْمَلْ صَٰلِحًا يُدْخِلْهُ جَنَّٰتٍ تَجْرِى مِن تَحْتِهَا ٱلْأَنْهَٰرُ خَٰلِدِينَ فِيهَآ أَبَدًا ۖ قَدْ أَحْسَنَ ٱللَّهُ لَهُۥ رِزْقًا ﴿١١﴾

11 ਅਤੇ ਇਕ ਅਜਿਹਾ ਰਸੂਲ ਭੇਜਿਆ ਹੈ ਜਿਹੜਾ ਤੁਹਾਨੂੰ ਅੱਲਾਹ ਦੀਆਂ ਸਪਸ਼ਟ ਆਇਤਾਂ (ਆਦੇਸ਼) ਸੁਣਾਉਂਦਾ ਹੈ ਤਾਂ ਜੋ ਉਹਨਾਂ ਲੋਕਾਂ ਨੂੰ, ਜਿਹੜੇ ਈਮਾਨ ਲਿਆਉਣ ਤੇ ਚੰਗੇ ਕੰਮ ਕਰਨ, ਹਨੇਰਿਆਂ ਵਿੱਚੋਂ ਰੌਸ਼ਨੀ ਵੱਲ ਕੱਢ ਲਿਆਵੇ। ਜਿਹੜਾ ਵਿਅਕਤੀ ਅੱਲਾਹ ਉੱਤੇ ਈਮਾਨ ਲਿਆਵੇ ਅਤੇ ਨੇਕ ਕੰਮ ਕਰੇ ਉਹ (ਅੱਲਾਹ) ਉਸ ਵਿਅਕਤੀ ਨੂੰ ਉਹਨਾਂ ਜੰਨਤਾਂ

ਵਿਚ ਦਾਖ਼ਲ ਕਰੇਗਾ ਜਿਨ੍ਹਾਂ ਦੇ ਹੇਠ ਨਹਿਰਾਂ ਵਗਦੀਆਂ ਹੋਣਗੀਆਂ ਉਹ ਉਸ ਵਿਚ ਸਦਾ ਲਈ ਰਹਿਣਗੇ। ਅੱਲਾਹ ਨੇ ਅਜਿਹੇ ਵਿਅਕਤੀਆਂ ਲਈ ਸੋਹਣਾ ਰਿਜ਼ਕ ਰੱਖਿਆ ਹੋਇਆ ਹੈ।

اَللّٰهُ الَّذِیْ خَلَقَ سَبْعَ سَمٰوٰتٍ وَّ مِنَ الْاَرْضِ مِثْلَهُنَّ ؕ یَتَنَزَّلُ الْاَمْرُ بَیْنَهُنَّ لِتَعْلَمُوْۤا اَنَّ اللّٰهَ عَلٰی كُلِّ شَیْءٍ قَدِیْرٌ ۙ۬ وَّ اَنَّ اللّٰهَ قَدْ اَحَاطَ بِكُلِّ شَیْءٍ عِلْمًا ﴿۱۲﴾

12. ਅੱਲਾਹ ਉਹ ਜ਼ਾਤ ਹੈ ਜਿਸ ਨੇ ਸੱਤ ਅਕਾਸ਼ ਸਾਜੇ ਤੇ ਧਰਤੀਆਂ ਵੀ ਓਨੀਆਂ ਹੀ (ਭਾਵ ਸੱਤ) ਸਾਜੀਆਂ। ਇਹਨਾਂ ਦੋਵਾਂ ਵਿਚਾਲੇ ਹੀ ਉਸ ਦਾ ਹੁਕਮ ਉੱਤਰਦਾ ਹੈ ਇਹ ਗੱਲ ਤਾਂ ਤੁਹਾਨੂੰ ਇਸ ਲਈ ਦੱਸੀ ਗਈ ਹੈ ਤਾਂ ਜੋ ਤੁਸੀਂ ਜਾਣ ਲਵੋ ਕਿ ਨਿਰਸੰਦੇਹ, ਅੱਲਾਹ ਹਰ ਚੀਜ਼ ਦੀ ਸਮਰਥਾ ਰੱਖਦਾ ਹੈ। ਅੱਲਾਹ ਨੇ ਹਰੇਕ ਚੀਜ਼ ਨੂੰ ਆਪਣੇ ਗਿਆਨ ਦੇ ਘੇਰੇ ਵਿਚ ਲੈ ਰੱਖਿਆ ਹੈ।

66. ਸੂਰਤ ਅਤ-ਤਹਰੀਮ (ਮਦਨੀ 107)

سُوْرَةُ التَّحْرِيْمِ

(ਆਇਤਾਂ 12, ਰੁਕੂਅ 2)

بِسْمِ اللّٰهِ الرَّحْمٰنِ الرَّحِیْمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

یٰۤاَیُّهَا النَّبِیُّ لِمَ تُحَرِّمُ مَاۤ اَحَلَّ اللّٰهُ لَكَ ۚ تَبْتَغِیْ مَرْضَاتَ اَزْوَاجِكَ ؕ وَ اللّٰهُ غَفُوْرٌ رَّحِیْمٌ ﴿۱﴾

1. ਹੇ ਨਬੀ! ਤੁਸੀਂ (ਉਸ ਚੀਜ਼ ਨੂੰ) ਕਿਉਂ ਹਰਾਮ (ਨਾ-ਜਾਇਜ਼) ਕਰਦੇ ਹੋ ਜਿਹੜੀ ਅੱਲਾਹ ਨੇ ਤੁਹਾਡੇ ਲਈ ਹਲਾਲ (ਜਾਇਜ਼) ਕੀਤੀ ਹੈ? ਕੀ ਤੁਸੀਂ ਆਪਣੀਆਂ ਪਤਨੀਆਂ ਦੀ ਖ਼ੁਸ਼ੀ ਚਾਹੁੰਦੇ ਹੋ। ਅੱਲਾਹ ਬਖ਼ਸ਼ਣਹਾਰ ਅਤੇ ਮਿਹਰਬਾਨ ਹੈ।

قَدْ فَرَضَ اللّٰهُ لَكُمْ تَحِلَّةَ اَیْمَانِكُمْ ۚ وَ اللّٰهُ مَوْلٰىكُمْ ۚ وَ هُوَ الْعَلِیْمُ الْحَكِیْمُ ﴿۲﴾

2. ਅੱਲਾਹ ਨੇ ਤੁਹਾਡੇ ਲਈ ਤੁਹਾਡੀਆਂ (ਨਾ-ਜਾਇਜ਼ ਸੌਹਾਂ) ਨੂੰ ਤੋੜਨਾ ਫ਼ਰਜ਼ ਕਰ ਦਿੱਤਾ ਹੈ। ਅੱਲਾਹ ਤੁਹਾਡਾ ਮੌਲਾ ਹੈ, ਉਹ ਵੱਡਾ ਜਾਣਨਹਾਰ ਤੇ ਕੁਦਰਤੀਮਾਨ ਹੈ।

وَإِذْ أَسَرَّ النَّبِيُّ إِلَىٰ بَعْضِ أَزْوَاجِهِ حَدِيثًا ۚ
فَلَمَّا نَبَّأَتْ بِهِ وَأَظْهَرَهُ اللَّهُ عَلَيْهِ عَرَّفَ
بَعْضَهُ وَأَعْرَضَ عَنْ بَعْضٍ ۖ فَلَمَّا نَبَّأَهَا
بِهِ قَالَتْ مَنْ أَنْبَأَكَ هَٰذَا ۖ قَالَ نَبَّأَنِيَ
الْعَلِيمُ الْخَبِيرُ (3)

3. ਜਦੋਂ ਨਬੀ (ਸ:) ਨੇ ਆਪਣੀ ਕਿਸੇ ਪਤਨੀ ਨੂੰ ਇਕ ਗੱਲ ਮਲਕੜੇ ਜਿਹੇ ਆਖੀ ਪਰ ਜਦੋਂ ਉਸੇ ਪਤਨੀ ਨੇ (ਉਹੀਓ ਗਲ ਦੂਜੀ ਪਤਨੀ ਨੂੰ) ਦੱਸ ਦਿੱਤੀ ਤਾਂ ਅੱਲਾਹ ਨੇ ਉਸ (ਵਾਰਤਾਲਾਪ) ਤੋਂ ਇਸ (ਨਬੀ) ਨੂੰ ਸੂਚਿਤ ਕਰ ਦਿੱਤੀ, ਤਾਂ ਨਬੀ ਨੇ (ਦੂਜੀ ਪਤਨੀ) ਨੂੰ ਕੁੱਝ ਹੱਦ ਤਕ ਗੱਲਾਂ ਦੱਸ ਵੀ ਦਿੱਤੀਆਂ ਅਤੇ ਕੁੱਝ ਟਾਲ ਦਿੱਤਾ। ਫੇਰ ਜਦੋਂ ਨਬੀ ਨੇ ਉਸ (ਪਹਿਲੀ ਪਤਨੀ) ਨੂੰ ਉਹ ਸਾਰੀ ਗੱਲ ਸੁਣਾਈ ਤਾਂ ਉਹ ਪੁੱਛਣ ਲੱਗੀ, ਤੁਹਾਨੂੰ ਇਹ ਸਭ ਕਿਸ ਨੇ ਦੱਸਿਆ ਹੈ? ਉਸ (ਨਬੀ) ਨੇ ਫ਼ਰਮਾਇਆ, ਮੈਨੂੰ ਇਹ ਸਾਰੀ ਜਾਣਕਾਰੀ ਸਭ ਕੁੱਝ ਜਾਣਨ ਵਾਲੇ ਤੇ ਖ਼ਬਰ ਰੱਖਣ ਵਾਲੇ ਅੱਲਾਹ ਨੇ ਦਿੱਤੀ ਹੈ।

إِنْ تَتُوبَا إِلَى اللَّهِ فَقَدْ صَغَتْ قُلُوبُكُمَا ۖ
وَإِنْ تَظَاهَرَا عَلَيْهِ فَإِنَّ اللَّهَ هُوَ مَوْلَاهُ
وَجِبْرِيلُ وَصَالِحُ الْمُؤْمِنِينَ ۖ وَالْمَلَائِكَةُ
بَعْدَ ذَٰلِكَ ظَهِيرٌ (4)

4. ਕਿਉਂ ਜੋ ਤੁਹਾਡੇ ਦਿਲ ਸੱਚਾਈ ਤੋਂ ਹਟ ਗਏ ਹਨ ਸੋ ਤੁਸੀਂ ਦੋਵੇਂ (ਪਤਨੀਆਂ) ਅੱਲਾਹ ਤੋਂ ਤੌਬਾ ਕਰ ਲਵੋ ਤਾਂ ਤੁਹਾਡੇ ਲਈ ਵਧੀਆ ਹੈ। ਜੇ ਤੁਸੀਂ ਇਸ (ਨਬੀ) ਦੇ ਵਿਰੁੱਧ ਏਕਾ ਕੀਤਾ ਤਾਂ ਅੱਲਾਹ ਆਪ ਹੀ ਉਸ ਦੀ ਸਹਾਇਤਾ ਕਰੇਗਾ, ਅਤੇ ਜਿਬਰਾਈਲ, ਨੇਕ ਮੋਮਿਨ ਤੇ ਇਹਨਾਂ ਦੇ ਨਾਲ-ਨਾਲ ਸਾਰੇ ਫ਼ਰਿਸ਼ਤੇ ਵੀ ਉਸ ਦੇ ਸਹਾਈ ਹਨ।

عَسَىٰ رَبُّهُ إِنْ طَلَّقَكُنَّ أَنْ يُبْدِلَهُ
أَزْوَاجًا خَيْرًا مِنْكُنَّ مُسْلِمَاتٍ مُؤْمِنَاتٍ
قَانِتَاتٍ تَائِبَاتٍ عَابِدَاتٍ سَائِحَاتٍ ثَيِّبَاتٍ
وَأَبْكَارًا (5)

5. ਜੇ ਉਹ (ਨਬੀ) ਤੁਹਾਨੂੰ ਤਲਾਕ ਦੇ ਦੇਵੇ ਤਾਂ ਹੋ ਸਕਦਾ ਹੈ ਕਿ ਬਦਲੇ ਵਿਚ ਉਸ ਦਾ ਰੱਬ ਉਸ ਨੂੰ ਤੁਹਾਥੋਂ ਚੰਗੀਆਂ ਪਤਨੀਆਂ ਦੇ ਦੇਵੇ। ਉਹ ਮੁਸਲਮਾਨ, ਮੋਮਿਨ, ਆਗਿਆਕਾਰੀ, ਤੌਬਾ ਕਰਨ ਵਾਲੀਆਂ, ਬੰਦਗੀ ਕਰਨ ਵਾਲੀਆਂ, ਰੋਜ਼ਾ ਰੱਖਣ ਵਾਲੀਆਂ, ਉਹ ਪਹਿਲਾਂ ਵਿਆਹੀਆਂ ਹੋਈਆਂ (ਭਾਵ ਵਿਧਵਾ), ਜਾਂ ਕੁਆਰੀਆਂ ਹੋਣਗੀਆਂ।

6 ਹੇ ਈਮਾਨ ਵਾਲਿਓ! ਤੁਸੀਂ ਆਪਣੇ ਆਪ ਨੂੰ ਤੇ ਆਪਣੇ ਘਰ ਵਾਲਿਆਂ ਨੂੰ ਉਸ ਅੱਗ ਤੋਂ ਬਚਾਓ ਜਿਸ ਦਾ ਬਾਲਣ (ਕੁਫ਼ਰ ਕਰਨ ਵਾਲੇ) ਮਨੁੱਖ ਤੇ (ਪੂਜੇ ਗਏ) ਪੱਥਰ ਹਨ। ਜਿਸ (ਨਰਕ ਉੱਤੇ) ਅਤਿ ਕਰੜੇ ਸੁਭਾ ਵਾਲੇ ਤੇ ਕਠੋਰ-ਚਿੱਤ ਫ਼ਰਿਸ਼ਤੇ (ਨਿਯੁਕਤ) ਹਨ। ਅੱਲਾਹ ਉਹਨਾਂ ਨੂੰ ਜਿਹੜਾ ਹੁਕਮ ਦੇਵੇ ਉਹ ਉਸ ਦੀ ਨਾ-ਫ਼ਰਮਾਨੀ ਨਹੀਂ ਕਰਦੇ। ਅਤੇ ਜੋ ਉਹਨਾਂ ਨੂੰ ਹੁਕਮ ਦਿੱਤਾ ਜਾਂਦਾ ਹੈ ਉਹ ਉਸੇ ਦੀ ਪਾਲਣਾ ਕਰਦੇ ਹਨ।

يَٰٓأَيُّهَا ٱلَّذِينَ ءَامَنُوا۟ قُوٓا۟ أَنفُسَكُمْ وَأَهْلِيكُمْ
نَارًا وَقُودُهَا ٱلنَّاسُ وَٱلْحِجَارَةُ عَلَيْهَا
مَلَٰٓئِكَةٌ غِلَاظٌ شِدَادٌ لَّا يَعْصُونَ ٱللَّهَ
مَآ أَمَرَهُمْ وَيَفْعَلُونَ مَا يُؤْمَرُونَ ۝

7 ਹੇ ਕਾਫ਼ਿਰੋ! ਅੱਜ ਤੁਸੀਂ ਕੋਈ ਬਹਾਨਾ ਨਾ ਘੜੋ। ਬੇਸ਼ੱਕ ਅੱਜ ਤੁਹਾਨੂੰ ਉਸ ਦਾ ਬਦਲਾ ਦਿੱਤਾ ਜਾਵੇਗਾ ਜੋ ਤੁਸੀਂ ਕਰਦੇ ਸੀ।[1]

يَٰٓأَيُّهَا ٱلَّذِينَ كَفَرُوا۟ لَا تَعْتَذِرُوا۟ ٱلْيَوْمَ ۖ
إِنَّمَا تُجْزَوْنَ مَا كُنتُمْ تَعْمَلُونَ ۝٧

8 ਹੇ ਈਮਾਨ ਵਾਲਿਓ! ਤੁਸੀਂ ਅੱਲਾਹ ਦੀ ਹਜ਼ੂਰੀ ਵਿਚ ਖ਼ਾਲਿਸ (ਸੱਚੇ ਮਨੋਂ) ਤੌਬਾ ਕਰੋ, ਆਸ ਹੈ ਕਿ ਤੁਹਾਡਾ ਰੱਬ ਤੁਹਾਥੋਂ ਤੁਹਾਡੀਆਂ ਬੁਰਾਈਆਂ ਦੂਰ ਕਰ ਦੇਵੇ ਅਤੇ ਤੁਹਾਨੂੰ ਉਹਨਾਂ ਜੰਨਤਾਂ ਵਿਚ ਦਾਖ਼ਲ ਕਰੇ ਜਿਸ ਦੇ ਹੇਠ ਨਹਿਰਾਂ ਵਗਦੀਆਂ ਹਨ।[2] ਉਸ (ਕਿਆਮਤ) ਦਿਹਾੜੇ ਅੱਲਾਹ ਨਬੀ ਨੂੰ ਅਤੇ ਉਸ ਦੇ ਨਾਲ ਈਮਾਨ ਲਿਆਉਣ ਵਾਲਿਆਂ ਨੂੰ ਜ਼ਲੀਲ ਨਹੀਂ ਕਰੇਗਾ। ਉਹਨਾਂ ਦਾ ਨੂਰ ਉਹਨਾਂ ਦੇ ਅੱਗੇ ਅੱਗੇ ਤੇ ਸੱਜੇ ਪਾਸੇ ਨੱਸ ਰਿਹਾ ਹੋਵੇਗਾ। ਉਹ ਆਖਣਗੇ ਕਿ ਹੇ ਸਾਡੇ ਰੱਬਾ! ਤੂੰ ਸਾਡੇ ਨੂਰ ਨੂੰ ਸਾਡੇ ਲਈ ਸੰਪੂਰਨ ਕਰਦੇ ਅਤੇ ਸਾਡੀ ਬਖ਼ਸ਼ਿਸ਼ ਕਰ, ਬੇਸ਼ੱਕ ਤੂੰ ਹਰ ਚੀਜ਼ ਦੀ ਸਮਰਥਾ ਰੱਖਦਾ ਹੈ।

يَٰٓأَيُّهَا ٱلَّذِينَ ءَامَنُوا۟ تُوبُوٓا۟ إِلَى ٱللَّهِ تَوْبَةً
نَّصُوحًا عَسَىٰ رَبُّكُمْ أَن يُكَفِّرَ عَنكُمْ سَيِّـَٔاتِكُمْ
وَيُدْخِلَكُمْ جَنَّٰتٍ تَجْرِى مِن تَحْتِهَا ٱلْأَنْهَٰرُ
يَوْمَ لَا يُخْزِى ٱللَّهُ ٱلنَّبِىَّ وَٱلَّذِينَ ءَامَنُوا۟
مَعَهُۥ ۖ نُورُهُمْ يَسْعَىٰ بَيْنَ أَيْدِيهِمْ
وَبِأَيْمَٰنِهِمْ يَقُولُونَ رَبَّنَآ أَتْمِمْ لَنَا نُورَنَا
وَٱغْفِرْ لَنَآ ۖ إِنَّكَ عَلَىٰ كُلِّ شَىْءٍ قَدِيرٌ ۝

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

[2] ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਕਿਆਮਤ ਦਿਹਾੜੇ ਪਾਲਣਹਾਰ ਆਪਣੀ ਪਿੰਨੀ ਖੋਲ੍ਹੇਗਾ ਤਾਂ ਸਾਰੇ ਮੋਮਿਨ ਮਰਦ ਤੇ ਔਰਤਾਂ ਸਿਜਦੇ ਵਿਚ ਡਿਗ ਪੈਣਗੇ, ਪਰ ਉਹ ਲੋਕ ਖੜੇ ਰਹਿ ਜਾਣਗੇ ਜਿਹੜੇ ਸੰਸਾਰ ਵਿਚ ਲੋਕ ਵਿਖਾਵੇ ਲਈ ਜਾਂ ਨੇਕ ਅਖਵਾਉਣ ਲਈ ਸਿਜਦੇ ਕਰਦੇ ਸਨ, ਉਹ ਵੀ ਸਿਜਦਾ ਕਰਨਾ ਚਾਹੁਣਗੇ ਪਰ ਉਹਨਾਂ ਦੀਆਂ ਪਿੰਨੀਆਂ ਆਕੜ ਜਾਣਗੀਆਂ ਤੇ ਉਹ ਸਿਜਦਾ ਨਾ ਕਰ ਸਕਣਗੇ। (ਸਹੀ ਬੁਖ਼ਾਰੀ, ਹਦੀਸ: 4919)

9 (ਹੇ ਨਬੀ!) ਕਾਫ਼ਿਰਾਂ ਤੇ ਮੁਨਾਫ਼ਿਕਾਂ ਨਾਲ ਜਿਹਾਦ (ਸੰਘਰਸ਼) ਕਰੋ ਅਤੇ ਉਹਨਾਂ ਉੱਤੇ ਕਰੜਾਈ ਕਰੋ। ਉਹਨਾਂ ਦਾ ਟਿਕਾਣਾ ਨਰਕ ਹੈ ਜਿਹੜਾ ਕਿ ਬਹੁਤ ਹੀ ਭੈੜਾ ਟਿਕਾਣਾ ਹੈ।

يَٰٓأَيُّهَا ٱلنَّبِىُّ جَٰهِدِ ٱلْكُفَّارَ وَٱلْمُنَٰفِقِينَ وَٱغْلُظْ عَلَيْهِمْ ۚ وَمَأْوَىٰهُمْ جَهَنَّمُ ۖ وَبِئْسَ ٱلْمَصِيرُ ﴿٩﴾

10. ਇਨਕਾਰ ਕਰਨ ਵਾਲਿਆਂ ਲਈ ਅੱਲਾਹ ਨੇ ਨੂਹ ਅਤੇ ਲੂਤ ਦੀਆਂ ਪਤਨੀਆਂ ਦੀ ਉਦਾਹਰਨ ਦਿੱਤੀ ਹੈ। ਉਹ ਦੋਵੇਂ ਸਾਡੇ ਨੇਕ ਬੰਦਿਆਂ ਦੇ ਨਿਕਾਹ ਵਿਚ ਸਨ। ਪਰ ਉਹਨਾਂ ਦੋਵਾਂ ਨੇ ਆਪਣੇ ਪਤੀਆਂ ਨਾਲ ਵਿਸ਼ਵਾਸਘਾਤ ਕੀਤਾ, ਫੇਰ ਉਹ ਦੋਵੇਂ ਰਸੂਲ ਉਹਨਾਂ ਦੋਵਾਂ (ਔਰਤਾਂ) ਨੂੰ (ਅਜ਼ਾਬ ਤੋਂ) ਬਚਾਉਣ ਵਿਚ ਕੁੱਝ ਵੀ ਕੰਮ ਨਾ ਆ ਸਕੇ ਅਤੇ ਉਹਨਾਂ ਨੂੰ ਕਿਹਾ ਗਿਆ ਕਿ ਤੁਸੀਂ ਦੋਵੇਂ ਵੀ ਨਰਕ ਵਿਚ ਦਾਖ਼ਲ ਹੋਣ ਵਾਲਿਆਂ ਵਿਚ ਦਾਖ਼ਲ ਹੋ ਜਾਓ।

ضَرَبَ ٱللَّهُ مَثَلًا لِّلَّذِينَ كَفَرُوا۟ ٱمْرَأَتَ نُوحٍ وَٱمْرَأَتَ لُوطٍ ۖ كَانَتَا تَحْتَ عَبْدَيْنِ مِنْ عِبَادِنَا صَٰلِحَيْنِ فَخَانَتَاهُمَا فَلَمْ يُغْنِيَا عَنْهُمَا مِنَ ٱللَّهِ شَيْـًٔا وَقِيلَ ٱدْخُلَا ٱلنَّارَ مَعَ ٱلدَّٰخِلِينَ ﴿١٠﴾

11 ਅੱਲਾਹ ਨੇ ਈਮਾਨ ਵਾਲਿਆਂ ਲਈ ਫ਼ਿਰਔਨ ਦੀ ਪਤਨੀ ਦੀ ਉਦਾਹਰਨ ਦਿੱਤੀ ਹੈ,[1] ਜਦੋਂ ਉਸ ਨੇ ਬੇਨਤੀ ਕੀਤੀ ਕਿ ਹੇ ਮੇਰੇ ਰੱਬ! ਮੇਰੇ ਲਈ ਆਪਣੇ ਕੋਲ ਜੰਨਤ ਵਿਚ ਇਕ ਘਰ ਬਣਾ ਅਤੇ ਮੈਨੂੰ ਫ਼ਿਰਔਨ ਅਤੇ ਉਸ ਦੇ ਅਮਲਾਂ ਤੋਂ ਬਚਾ ਲੈ ਤੇ ਮੈਨੂੰ ਜ਼ਾਲਮ ਕੌਮ ਤੋਂ ਛੁਟਕਾਰਾ ਦੁਆਏ।

وَضَرَبَ ٱللَّهُ مَثَلًا لِّلَّذِينَ ءَامَنُوا۟ ٱمْرَأَتَ فِرْعَوْنَ إِذْ قَالَتْ رَبِّ ٱبْنِ لِى عِندَكَ بَيْتًا فِى ٱلْجَنَّةِ وَنَجِّنِى مِن فِرْعَوْنَ وَعَمَلِهِۦ وَنَجِّنِى مِنَ ٱلْقَوْمِ ٱلظَّٰلِمِينَ ﴿١١﴾

12 ਅਤੇ ਉਦਾਹਰਨ ਇਮਰਾਨ ਦੀ ਸਪੁੱਤਰੀ ਮਰੀਅਮ ਦੀ ਵੀ ਹੈ ਜਿਸ ਨੇ ਆਪਣੀ ਇੱਜ਼ਤ ਆਬਰੂ ਦੀ ਰਾਖੀ ਕੀਤੀ, ਫੇਰ ਅਸੀਂ ਉਸ ਦੇ (ਗਲਾਂਵੇਂ) ਅੰਦਰ ਆਪਣੀ ਰੂਹ ਫੂਕ ਦਿੱਤੀ ਅਤੇ ਉਸ ਨੇ ਆਪਣੇ ਰੱਬ ਦੇ ਬੋਲਾਂ ਦੀ ਅਤੇ ਉਸ ਦੀਆਂ ਕਿਤਾਬਾਂ ਦੀ ਪੁਸ਼ਟੀ ਕੀਤੀ ਅਤੇ ਉਹ ਆਗਿਆਕਾਰੀਆਂ ਵਿੱਚੋਂ ਸੀ।

وَمَرْيَمَ ٱبْنَتَ عِمْرَٰنَ ٱلَّتِىٓ أَحْصَنَتْ فَرْجَهَا فَنَفَخْنَا فِيهِ مِن رُّوحِنَا وَصَدَّقَتْ بِكَلِمَٰتِ رَبِّهَا وَكُتُبِهِۦ وَكَانَتْ مِنَ ٱلْقَٰنِتِينَ ﴿١٢﴾

---

1 ਫ਼ਿਰਔਨ ਦੀ ਪਤਨੀ ਦਾ ਨਾਂ ਆਸੀਆ ਸੀ, ਉਹ ਇਕ ਪਾਕ-ਪਵਿੱਤਰ ਮੋਮਿਨ ਔਰਤ ਸੀ ਇਸੇ ਲਈ ਹਦੀਸ ਵਿਚ ਇਸ ਦੀ ਸ਼ਲਾਘਾ ਕੀਤੀ ਗਈ ਹੈ। ਕਿ ਨਬੀ ਕਰੀਮ (ਸ:) ਨੇ ਫ਼ਰਮਾਇਆ, ਪੁਰਸ਼ਾਂ ਵਿਚ ਤਾਂ ਬਹੁਤ ਸਾਰੇ ਪਹੁੰਚੇ ਹੋਏ ਲੋਕ ਹੋਏ ਹਨ ਪਰ ਔਰਤਾਂ ਵਿਚ ਆਸੀਆ ਫ਼ਿਰਔਨ ਦੀ ਪਤਨੀ ਅਤੇ ਮਰੀਅਮ ਇਮਰਾਨ ਦੀ ਧੀ ਹੀ ਕਮਾਲ ਨੂੰ ਪਹੁੰਚੀਆਂ ਅਤੇ ਹਜ਼ਰਤ ਆਇਸ਼ਾ ਦੀ ਸ੍ਰੇਸ਼ਟਤਾ ਇਹਨਾਂ ਸਭ 'ਤੇ ਇੰਜ ਹੈ ਜਿਵੇਂ ਸਰੀਦ ਦਾ ਦੂਜੀਆਂ ਖਾਣ ਵਾਲੀਆਂ ਚੀਜ਼ਾਂ 'ਤੇ। (ਸਹੀ ਬੁਖ਼ਾਰੀ, ਹਦੀਸ: 3411)

67. ਸੂਰਤ ਅਲ-ਮੁਲਕ (ਮੱਕੀ-77)

سُورَةُ المُلْكِ

(ਆਇਤਾਂ 30, ਰੁਕੂਅ 2)

بِسْمِ اللّٰهِ الرَّحْمٰنِ الرَّحِيْمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

تَبٰرَكَ الَّذِيْ بِيَدِهِ الْمُلْكُ وَهُوَ عَلٰى كُلِّ شَيْءٍ قَدِيْرُ ﴿١﴾

1. ਉਹ ਜ਼ਾਤ (ਅੱਲਾਹ ਦੀ) ਅਤਿਅੰਤ ਬਰਕਤਾਂ ਵਾਲੀ ਹੈ ਜਿਸ ਦੇ ਹੱਥ ਵਿਚ (ਕੁੱਲ ਜਹਾਨ ਦੀ) ਪਾਤਸ਼ਾਹੀ ਹੈ ਅਤੇ ਹਰੇਕ ਚੀਜ਼ ਉਸ ਦੇ ਕਾਬੂ ਵਿਚ ਹੈ।

الَّذِيْ خَلَقَ الْمَوْتَ وَالْحَيٰوةَ لِيَبْلُوَكُمْ اَيُّكُمْ اَحْسَنُ عَمَلًا ۭ وَهُوَ الْعَزِيْزُ الْغَفُوْرُ ﴿٢﴾

2. ਉਹ ਜਿਸ ਨੇ ਮੌਤ ਅਤੇ ਜੀਵਨ ਨੂੰ ਸਾਜਿਆ ਹੈ ਤਾਂ ਜੋ ਤੁਹਾਨੂੰ ਪਰਖੇ ਕਿ ਤੁਹਾਡੇ ਵਿੱਚੋਂ ਵਧੇਰੇ ਚੰਗੇ ਕੰਮ ਕੌਣ ਕਰਦਾ ਹੈ।[1] ਉਹ ਵੱਡਾ ਜ਼ੋਰਾਵਰ ਹੈ ਤੇ ਬਖ਼ਸ਼ਣਹਾਰ ਵੀ ਹੈ।

الَّذِيْ خَلَقَ سَبْعَ سَمٰوٰتٍ طِبَاقًا ۭ مَا تَرٰى فِيْ خَلْقِ الرَّحْمٰنِ مِنْ تَفٰوُتٍ ۭ فَارْجِعِ الْبَصَرَ ۙ هَلْ تَرٰى مِنْ فُطُوْرٍ ﴿٣﴾

3. ਉਹ ਜਿਸ ਨੇ ਉੱਪਰ-ਥੱਲੇ ਸੱਤ ਅਕਾਸ਼ ਬਣਾਏ। (ਹੇ ਇਨਸਾਨ!) ਤੂੰ ਰਹਿਮਾਨ (ਭਾਵ ਅੱਲਾਹ ਮਿਹਰਬਾਨ) ਦੀ ਰਚਨਾ ਵਿਚ ਕਿਸੇ ਤਰ੍ਹਾਂ ਦਾ ਕੋਈ ਅਸਾਂਵਾਪਣ ਨਹੀਂ ਵੇਖੇਂਗਾ। ਫੇਰ ਵੇਖ ਕੀ ਤੂੰ ਕੋਈ ਤਰੇੜ ਵੇਖਦਾ ਹੈਂ?

ثُمَّ ارْجِعِ الْبَصَرَ كَرَّتَيْنِ يَنْقَلِبْ اِلَيْكَ الْبَصَرُ خَاسِئًا وَّهُوَ حَسِيْرٌ ﴿٤﴾

4. ਮੁੜ-ਮੁੜ ਨਿਗਾਹ ਦੌੜਾ, ਤੇਰੀ ਨਿਗਾਹ ਥੱਕ ਹਾਰ ਕੇ ਤੇ ਅਸਫ਼ਲ ਹੋ ਕੇ ਪਰਤ ਆਵੇਗੀ।

وَلَقَدْ زَيَّنَّا السَّمَاۗءَ الدُّنْيَا بِمَصَابِيْحَ وَجَعَلْنٰهَا رُجُوْمًا لِّلشَّيٰطِيْنِ وَاَعْتَدْنَا لَهُمْ عَذَابَ السَّعِيْرِ ﴿٥﴾

5. ਨਿਰਸੰਦੇਹ, ਅਸੀਂ ਸੰਸਾਰ ਵਿਚ (ਦਿਸਣ ਵਾਲੇ) ਅਕਾਸ਼ ਨੂੰ ਚਰਾਗ਼ਾਂ (ਭਾਵ ਤਾਰਿਆਂ) ਨਾਲ ਸਜਾਇਆ ਹੈ ਅਤੇ ਇਹਨਾਂ (ਤਾਰਿਆਂ) ਨੂੰ ਸ਼ੈਤਾਨਾਂ ਨੂੰ ਮਾਰ ਭਜਾਉਣ ਦਾ ਸਾਧਨ ਬਣਾਇਆ ਹੈ[2] ਅਤੇ

---

[1] ਭਾਵ ਤੁਹਾਡੇ ਵਿੱਚੋਂ ਵਧੀਆ ਤੇ ਚੰਗੇ ਢੰਗ ਨਾਲ ਨੇਕ ਅਮਲ ਕੌਣ ਕਰਦਾ ਹੈ ਜੋ ਕਿ ਕੇਵਲ ਅੱਲਾਹ ਦੀ ਰਜ਼ਾ ਲਈ ਤੇ ਹਜ਼ਰਤ ਮੁਹੰਮਦ (ਸ:) ਦੀ ਸੁੱਨਤ ਅਨੁਸਾਰ ਹੋਣ?

[2] ਵੇਖੋ ਸੂਰਤ ਅਲ-ਅਨਆਮ, ਹਾਸ਼ੀਆ ਆਇਤ 97/6

ਅਸੀਂ ਇਹਨਾਂ ਸ਼ੈਤਾਨਾਂ ਲਈ ਭੜਕਦੀ ਹੋਈ ਅੱਗ ਤਿਆਰ ਕਰ ਛੱਡੀ ਹੈ।

6. ਜਿਹਨਾਂ ਲੋਕਾਂ ਨੇ ਆਪਣੇ ਰੱਬ ਦਾ ਇਨਕਾਰ ਕੀਤਾ ਹੈ, ਉਹਨਾਂ ਲਈ ਨਰਕ ਦਾ ਅਜ਼ਾਬ ਹੈ ਅਤੇ ਉਹ ਬਹੁਤ ਹੀ ਭੈੜਾ ਟਿਕਾਣਾ ਹੈ।

وَلِلَّذِينَ كَفَرُوا بِرَبِّهِمْ عَذَابُ جَهَنَّمَ ۖ وَبِئْسَ الْمَصِيرُ ﴿٦﴾

7. ਜਦੋਂ ਉਹਨਾਂ ਨੂੰ ਉਸ ਵਿਚ ਸੁੱਟਿਆ ਜਾਵੇਗਾ ਤਾਂ ਉਹ ਉਸ ਦੀਆਂ ਦਹਾੜਾਂ ਸੁਣਨਗੇ ਅਤੇ ਉਹ ਜੋਸ਼ ਖਾ ਰਹੀ ਹੋਵੇਗੀ।

إِذَا أُلْقُوا فِيهَا سَمِعُوا لَهَا شَهِيقًا وَهِيَ تَفُورُ ﴿٧﴾

8. ਹੋ ਸਕਦਾ ਹੈ ਕਿ ਉਹ ਕਰੋਪੀ ਦੇ ਜ਼ੋਰ ਵਿਚ ਫਟ ਹੀ ਜਾਵੇ। ਜਦੋਂ ਵੀ ਕੋਈ ਟੋਲੀ ਉਸ ਵਿਚ ਸੁੱਟੀ ਜਾਵੇਗੀ ਤਾਂ (ਨਰਕ ਦੇ) ਪਹਿਰੇਦਾਰ ਉਹਨਾਂ ਤੋਂ ਪੁੱਛਣਗੇ, ਕੀ ਤੁਹਾਡੇ ਕੋਲ ਕੋਈ ਡਰਾਉਣ ਵਾਲਾ ਨਹੀਂ ਆਇਆ ਸੀ?

تَكَادُ تَمَيَّزُ مِنَ الْغَيْظِ ۖ كُلَّمَا أُلْقِيَ فِيهَا فَوْجٌ سَأَلَهُمْ خَزَنَتُهَا أَلَمْ يَأْتِكُمْ نَذِيرٌ ﴿٨﴾

9. ਉਹ ਆਖਣਗੇ ਕਿ ਕਿਉਂ ਨਹੀਂ? ਡਰਾਉਣ ਵਾਲਾ ਸਾਡੇ ਕੋਲ ਆਇਆ ਤਾਂ ਸੀ, ਪਰ ਅਸੀਂ ਉਸ ਨੂੰ ਝੁਠਲਾਇਆ ਅਤੇ ਆਖਿਆ ਕਿ ਅੱਲਾਹ ਨੇ ਕਿਸੇ ਉੱਤੇ ਕੁੱਝ ਵੀ ਨਹੀਂ ਉਤਾਰਿਆ। ਤੁਸੀਂ ਤਾਂ ਵੱਡੀ ਗੁਮਰਾਹੀ ਵਿਚ ਫਸੇ ਹੋਏ ਹੋ।

قَالُوا بَلَىٰ قَدْ جَاءَنَا نَذِيرٌ فَكَذَّبْنَا وَقُلْنَا مَا نَزَّلَ اللَّهُ مِن شَيْءٍ إِنْ أَنتُمْ إِلَّا فِي ضَلَالٍ كَبِيرٍ ﴿٩﴾

10. ਉਹ (ਇਨਕਾਰੀ ਕਿਆਮਤ ਦਿਹਾੜੇ) ਆਖਣਗੇ ਕਿ ਕਾਸ਼ ਅਸੀਂ (ਰਸੂਲ ਦੀਆਂ ਗੱਲਾਂ ਨੂੰ ਧਿਆਨ ਨਾਲ) ਸੁਣਦੇ ਜਾਂ ਸਮਝਦੇ ਤਾਂ ਅੱਜ ਅਸੀਂ ਨਰਕੀਆਂ ਵਿੱਚੋਂ ਨਾ ਹੁੰਦੇ।

وَقَالُوا لَوْ كُنَّا نَسْمَعُ أَوْ نَعْقِلُ مَا كُنَّا فِي أَصْحَابِ السَّعِيرِ ﴿١٠﴾

11. ਇਸ ਤਰ੍ਹਾਂ ਉਹ ਆਪਣੇ ਅਪਰਾਧਾਂ ਨੂੰ ਆਪ ਮੰਨ ਲੈਣਗੇ, ਸੋ ਉਹਨਾਂ ਨਰਕੀਆਂ ਉੱਤੇ ਫਿਟਕਾਰ ਹੈ।

فَاعْتَرَفُوا بِذَنبِهِمْ فَسُحْقًا لِّأَصْحَابِ السَّعِيرِ ﴿١١﴾

12. ਜਿਹੜੇ ਲੋਕ ਆਪਣੇ ਪਾਲਣਹਾਰ ਤੋਂ ਬਿਨਾਂ ਵੇਖਿਆਂ ਡਰਦੇ ਹਨ ਉਹਨਾਂ ਲਈ ਬਖ਼ਸ਼ਿਸ਼ ਤੇ ਵੱਡੇ ਬਦਲੇ ਹਨ।

إِنَّ الَّذِينَ يَخْشَوْنَ رَبَّهُم بِالْغَيْبِ لَهُم مَّغْفِرَةٌ وَأَجْرٌ كَبِيرٌ ﴿١٢﴾

13. ਤੁਸੀਂ ਆਪਣੀ ਗੱਲ ਭਾਵੇਂ ਲੁਕਾ ਕੇ ਆਖੋ ਜਾਂ ਆਵਾਜ਼ ਨਾਲ ਆਖੋ। ਬੇਸ਼ੱਕ ਉਹ ਦਿਲਾਂ ਦੇ ਭੇਤ ਜਾਣਦਾ ਹੈ।

وَأَسِرُّوا قَوْلَكُمْ أَوِ اجْهَرُوا بِهِ ۖ إِنَّهُ عَلِيمٌ بِذَاتِ الصُّدُورِ ﴿١٣﴾

14. ਕੀ ਉਹ ਨਹੀਂ ਜਾਣੇਗਾ ਜਿਸ ਨੇ ਸਭ ਨੂੰ ਪੈਦਾ ਕੀਤਾ ਹੈ? ਉਹ ਵੱਡਾ ਸੂਖਮਦਰਸ਼ੀ ਹੈ ਤੇ ਹਰ ਪ੍ਰਕਾਰ ਦੀ ਖ਼ਬਰ ਰੱਖਦਾ ਹੈ।

أَلَا يَعْلَمُ مَنْ خَلَقَ وَهُوَ اللَّطِيفُ الْخَبِيرُ ﴿١٤﴾

15 ਉਹੀਓ ਹੈ ਜਿਸ ਨੇ ਧਰਤੀ ਨੂੰ ਤੁਹਾਡੇ ਅਧੀਨ ਕਰ ਛੱਡਿਆ ਹੈ। ਸੋ ਤੁਸੀਂ ਉਸ ਦੀਆਂ ਰਾਹਾਂ ਉੱਤੇ ਚਲਦੇ ਹੋਏ ਉਸ ਦੇ ਰਿਜ਼ਕ ਵਿੱਚੋਂ ਖਾਓ। ਤੁਸੀਂ ਉਸੇ ਵੱਲ ਮੁੜ ਸੁਰਜੀਤ ਹੋ ਕੇ ਜਾਣਾ ਹੈ।

هُوَ الَّذِي جَعَلَ لَكُمُ الْأَرْضَ ذَلُولًا فَامْشُوا فِي مَنَاكِبِهَا وَكُلُوا مِنْ رِزْقِهِ ۖ وَإِلَيْهِ النُّشُورُ ﴿١٥﴾

16. ਕੀ ਤੁਸੀਂ ਉਸ (ਅੱਲਾਹ) ਤੋਂ ਬੇ-ਖ਼ੌਫ਼ ਹੋ ਗਏ ਹੋ, ਜਿਹੜਾ ਅਕਾਸ਼ ਵਿਚ ਹੈ ਕਿ ਉਹ ਤੁਹਾਨੂੰ ਧਰਤੀ ਵਿਚ ਧਸਾ ਦੇਵੇ ਅਤੇ ਅਚਣਚੇਤ ਇਹ (ਧਰਤੀ) ਕੰਬਣ ਲਗ ਜਾਵੇ?

أَأَمِنْتُمْ مَنْ فِي السَّمَاءِ أَنْ يَخْسِفَ بِكُمُ الْأَرْضَ فَإِذَا هِيَ تَمُورُ ﴿١٦﴾

17. ਕੀ ਤੁਸੀਂ ਉਸ ਅੱਲਾਹ ਤੋਂ ਨਿਸ਼ਚਿੰਤ ਹੋ ਗਏ ਹੋ ਜਿਹੜਾ ਅਕਾਸ਼ ਵਿਚ ਹੈ ਕਿ ਉਹ ਤੁਹਾਡੇ ਉੱਤੇ ਪਥਰਾਓ ਕਰਨ ਵਾਲੀ ਤੇਜ਼ ਹਵਾ ਭੇਜ ਦੇਵੇ? ਫੇਰ ਤੁਹਾਨੂੰ ਪਤਾ ਲੱਗੇਗਾ ਕਿ ਮੇਰਾ ਡਰਾਉਣਾ ਕਿਹੋ ਜਿਹਾ ਹੁੰਦਾ ਹੈ।

أَمْ أَمِنْتُمْ مَنْ فِي السَّمَاءِ أَنْ يُرْسِلَ عَلَيْكُمْ حَاصِبًا ۖ فَسَتَعْلَمُونَ كَيْفَ نَذِيرِ ﴿١٧﴾

18. ਬੇਸ਼ੱਕ ਜਿਹੜੇ ਇਹਨਾਂ ਤੋਂ ਪਹਿਲਾਂ ਬੀਤ ਚੁੱਕੇ ਹਨ, ਉਹ ਵੀ (ਪੈਗ਼ੰਬਰਾਂ ਨੂੰ) ਝੁਠਲਾ ਚੁੱਕੇ ਹਨ, ਫੇਰ ਵੇਖ ਲਓ ਕਿ ਮੇਰਾ ਅਜ਼ਾਬ ਕਿਹੋ ਜਿਹਾ ਸੀ।

وَلَقَدْ كَذَّبَ الَّذِينَ مِنْ قَبْلِهِمْ فَكَيْفَ كَانَ نَكِيرِ ﴿١٨﴾

19 ਕੀ ਉਹਨਾਂ (ਇਨਕਾਰੀਆਂ) ਨੇ ਆਪਣੇ ਉੱਤੇ ਉੱਡਣ ਵਾਲੇ ਪੰਛੀਆਂ ਦੇ ਖੰਭ ਖਿਲਰੇ ਹੋਏ ਤੇ ਸੁਕੜੇ ਹੋਏ ਨਹੀਂ ਵੇਖੇ। ਉਹਨਾਂ ਨੂੰ ਅੱਲਾਹ ਤੋਂ ਛੁੱਟ ਕੋਈ ਨਹੀਂ ਥੰਮਦਾ। ਬੇਸ਼ੱਕ ਉਹ ਹਰ ਚੀਜ਼ ਨੂੰ ਵੇਖਦਾ ਹੈ।

أَوَلَمْ يَرَوْا إِلَى الطَّيْرِ فَوْقَهُمْ صَافَّاتٍ وَيَقْبِضْنَ ۚ مَا يُمْسِكُهُنَّ إِلَّا الرَّحْمَٰنُ ۚ إِنَّهُ بِكُلِّ شَيْءٍ بَصِيرٌ ﴿١٩﴾

أَمَّنْ هَٰذَا الَّذِي هُوَ جُندٌ لَّكُمْ يَنصُرُكُم مِّن دُونِ الرَّحْمَٰنِ ۚ إِنِ الْكَافِرُونَ إِلَّا فِي غُرُورٍ ﴿٢٠﴾

20. ਭਲਾ ਉਹ ਕੌਣ ਹੈ ਜਿਹੜਾ ਤੁਹਾਡੀ ਸੈਨਾ ਬਣ ਕੇ, ਛੁੱਟ ਰਹਿਮਾਨ ਤੋਂ, ਤੁਹਾਡੀ ਸਹਾਇਤਾ ਕਰੇ ? ਇਨਕਾਰੀ ਤਾਂ ਉੱਕਾ ਹੀ ਧੋਖੇ ਵਿਚ ਫਸੇ ਹੋਏ ਹਨ।

أَمَّنْ هَٰذَا الَّذِي يَرْزُقُكُمْ إِنْ أَمْسَكَ رِزْقَهُ ۚ بَل لَّجُّوا فِي عُتُوٍّ وَنُفُورٍ ﴿٢١﴾

21. ਜੇ ਰਹਿਮਾਨ ਆਪਣਾ ਰਿਜ਼ਕ ਰੋਕ ਲਵੇ ਫੇਰ ਭਲਾ ਉਹ ਕਿਹੜਾ ਹੈ ਜਿਹੜਾ ਤੁਹਾਨੂੰ ਰਿਜ਼ਕ ਦੇ ਸਕੇ? ਪਰ ਉਹ (ਕਾਫ਼ਿਰ) ਸਰਕਸ਼ੀ ਤੇ ਹੱਕ ਸੱਚ ਤੋਂ ਮੂੰਹ ਮੋੜਣ ਉੱਤੇ ਅੜੇ ਹੋਏ ਹਨ।

أَفَمَن يَمْشِي مُكِبًّا عَلَىٰ وَجْهِهِ أَهْدَىٰ أَمَّن يَمْشِي سَوِيًّا عَلَىٰ صِرَاطٍ مُّسْتَقِيمٍ ﴿٢٢﴾

22. ਕੀ ਭਲਾ ਜਿਹੜਾ ਵਿਅਕਤੀ ਮੂੰਹ ਨੀਵਾਂ ਕਰਕੇ (ਪਸ਼ੂਆਂ ਵਾਂਗ) ਤੁਰਦਾ ਹੈ ਉਹ ਵੱਧ ਹਿਦਾਇਤ ਵਾਲਾ ਹੈ ਜਾਂ ਉਹ ਜਿਹੜਾ ਸਿੱਧਾ ਹੋ ਕੇ (ਸਿਰ ਚੁੱਕੀਂ) ਇਕ ਪੱਧਰੀ ਰਾਹ 'ਤੇ ਤੁਰ ਪਿਆ ਹੋਵੇ?

قُلْ هُوَ الَّذِي أَنشَأَكُمْ وَجَعَلَ لَكُمُ السَّمْعَ وَالْأَبْصَارَ وَالْأَفْئِدَةَ ۖ قَلِيلًا مَّا تَشْكُرُونَ ﴿٢٣﴾

23. (ਹੇ ਨਬੀ!) ਆਖ ਦਿਓ, ਉਹੀਓ ਅੱਲਾਹ ਹੈ ਜਿਸ ਨੇ ਤੁਹਾਨੂੰ ਪੈਦਾ ਕੀਤਾ ਹੈ ਅਤੇ ਤੁਹਾਡੇ ਕੰਨ, ਅੱਖਾਂ, ਅਤੇ ਦਿਲ ਬਣਾਏ, ਪਰ ਤੁਸੀਂ ਘੱਟ ਹੀ ਸ਼ੁਕਰ ਅਦਾ ਕਰਦੇ ਹੋ।

قُلْ هُوَ الَّذِي ذَرَأَكُمْ فِي الْأَرْضِ وَإِلَيْهِ تُحْشَرُونَ ﴿٢٤﴾

24. ਆਖ ਦਿਓ, ਉਹੀਓ ਹੈ ਜਿਸ ਨੇ ਤੁਹਾਨੂੰ ਧਰਤੀ ਉੱਤੇ ਪਸਾਰਿਆ ਅਤੇ ਉਸੇ ਦੀ ਹਜ਼ੂਰੀ ਵਿਚ ਤੁਸੀਂ ਸਾਰੇ ਇਕੱਠੇ ਕੀਤੇ ਜਾਓਗੇ।

وَيَقُولُونَ مَتَىٰ هَٰذَا الْوَعْدُ إِن كُنتُمْ صَادِقِينَ ﴿٢٥﴾

25. ਅਤੇ ਉਹ ਇਨਕਾਰੀ ਆਖਦੇ ਹਨ ਕਿ ਕਿਆਮਤ ਆਉਣ ਦਾ ਵਚਨ ਕਦੋਂ ਪੂਰਾ ਹੋਵੇਗਾ, ਜੇ ਤੁਸੀਂ ਸੱਚੇ ਹੋ ਤਾਂ ਦੱਸੋ?

قُلْ إِنَّمَا الْعِلْمُ عِندَ اللَّهِ وَإِنَّمَا أَنَا نَذِيرٌ مُّبِينٌ ﴿٢٦﴾

26. ਹੇ ਨਬੀ! ਆਖ ਦਿਓ ਕਿ ਬੇਸ਼ੱਕ ਇਸ ਦੀ ਜਾਣਕਾਰੀ ਕੇਵਲ ਅੱਲਾਹ ਕੋਲ ਹੀ ਹੈ, ਮੈਂ ਤਾਂ ਕੇਵਲ ਤੁਹਾਨੂੰ ਸਪਸ਼ਟ ਰੂਪ ਵਿਚ ਸਾਵਧਾਨ ਕਰਨ ਵਾਲਾ ਹਾਂ।

فَلَمَّا رَأَوْهُ زُلْفَةً سِيئَتْ وُجُوهُ الَّذِينَ كَفَرُوا وَقِيلَ هَٰذَا الَّذِي كُنتُم بِهِ تَدَّعُونَ ﴿٢٧﴾

27. ਜਦੋਂ ਉਹ (ਇਨਕਾਰੀ) ਉਸ ਇਸ (ਕਿਆਮਤ) ਨੂੰ ਨੇੜੇ ਤੋਂ ਵੇਖਣਗੇ ਤਾਂ ਕਾਫ਼ਿਰਾਂ ਦੇ ਚਿਹਰੇ ਵਿਗੜ ਜਾਣਗੇ ਅਤੇ ਕਿਹਾ ਜਾਵੇਗਾ ਕਿ ਇਹੋ ਹੈ ਜਿਸ ਦੀ ਤੁਸੀਂ ਮੰਗ ਕਰਦੇ ਸੀ।

28. (ਹੇ ਨਬੀ!) ਆਖ ਦਿਓ, ਭਾਵੇਂ ਮੈਨੂੰ ਅਤੇ ਮੇਰੇ ਸਾਥੀਆਂ ਨੂੰ ਅੱਲਾਹ ਹਲਾਕ ਕਰ ਦੇਵੇ ਜਾਂ ਸਾਡੇ ਉੱਤੇ ਮਿਹਰਾਂ ਕਰੇ, ਪਰ ਕਾਫ਼ਿਰਾਂ ਨੂੰ ਦਰਦਨਾਕ ਅਜ਼ਾਬ ਤੋਂ ਕੌਣ ਬਚਾਵੇਗਾ?

قُلْ أَرَءَيْتُمْ إِنْ أَهْلَكَنِيَ ٱللَّهُ وَمَن مَّعِيَ أَوْ رَحِمَنَا فَمَن يُجِيرُ ٱلْكَٰفِرِينَ مِنْ عَذَابٍ أَلِيمٍ (28)

29. ਆਖ ਦਿਓ ਕਿ ਉਹ (ਜ਼ਾਤ) ਰਹਿਮਾਨ ਦੀ ਹੈ, ਅਸੀਂ ਉਸੇ 'ਤੇ ਈਮਾਨ ਲਿਆਏ ਹਾਂ ਅਤੇ ਉਸੇ 'ਤੇ ਅਸੀਂ ਭਰੋਸਾ ਕਰਦੇ ਹਾਂ, ਸੋ ਤੁਸੀਂ ਛੇਤੀ ਹੀ ਜਾਣ ਲਓਗੇ ਕਿ ਕੌਣ ਸਪਸ਼ਟ ਕੁਰਾਹੇ ਪਿਆ ਹੋਇਆ ਹੈ।

قُلْ هُوَ ٱلرَّحْمَٰنُ ءَامَنَّا بِهِۦ وَعَلَيْهِ تَوَكَّلْنَا ۖ فَسَتَعْلَمُونَ مَنْ هُوَ فِي ضَلَٰلٍ مُّبِينٍ (29)

30 ਹੇ ਨਬੀ! ਆਖ ਦਿਓ ਕਿ ਜੇ ਤੁਹਾਡੇ ਖੂਹਾਂ ਦਾ ਪਾਣੀ ਧਰਤੀ ਹੇਠ ਉੱਤਰ ਜਾਵੇ ਤਾਂ ਕੌਣ ਹੈ ਜਿਹੜਾ ਤੁਹਾਡੇ ਕੋਲ ਪਾਣੀ ਕੱਢ ਕੇ ਲਿਆਵੇਗਾ?

قُلْ أَرَءَيْتُمْ إِنْ أَصْبَحَ مَآؤُكُمْ غَوْرًا فَمَن يَأْتِيكُم بِمَآءٍ مَّعِينٍۭ (30)

68. ਸੂਰਤ ਅਲ-ਕਲਮ (ਮੱਕੀ-2)

سُورَةُ القَلَمِ

(ਆਇਤਾਂ 52, ਰੁਕੂਅ 2)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ ٱللَّهِ ٱلرَّحْمَٰنِ ٱلرَّحِيمِ

1. ਕਸਮ ਹੈ ਨੂੰਨ, ਕਲਮ ਦੀ ਅਤੇ ਉਸ ਦੀ ਜੋ ਉਹ (ਫ਼ਰਿਸ਼ਤੇ) ਲਿਖਦੇ ਹਨ।

نٓ ۚ وَٱلْقَلَمِ وَمَا يَسْطُرُونَ (1)

2. (ਹੇ ਨਬੀ!) ਤੁਸੀਂ ਆਪਣੇ ਰੱਬ ਦੀ ਕ੍ਰਿਪਾ ਨਾਲ ਉੱਕਾ ਹੀ ਸੁਦਾਈ ਨਹੀਂ।

مَآ أَنتَ بِنِعْمَةِ رَبِّكَ بِمَجْنُونٍ (2)

3 ਬੇਸ਼ੱਕ ਤੁਹਾਡੇ ਲਈ (ਰੱਬ ਵੱਲੋਂ) ਬਹੁਤ ਵੱਡਾ ਬਦਲਾ ਹੈ।

وَإِنَّ لَكَ لَأَجْرًا غَيْرَ مَمْنُونٍ (3)

4. ਬੇਸ਼ੱਕ ਤੁਸੀਂ ਸਦਾਚਾਰ ਦੇ ਵੱਡੇ ਉੱਚੇ ਦਰਜੇ 'ਤੇ ਹੋ।

وَإِنَّكَ لَعَلَىٰ خُلُقٍ عَظِيمٍ (4)

5. ਛੇਤੀ ਹੀ ਤੁਸੀਂ ਵੀ ਵੇਖ ਲਵੋਂਗੇ ਤੇ ਉਹ (ਕਾਫ਼ਿਰ) ਵੀ ਵੇਖ ਲੈਣਗੇ।	فَسَتُبْصِرُ وَيُبْصِرُونَ ﴿5﴾
6. ਕਿ ਤੁਹਾਡੇ ਵਿੱਚੋਂ ਸੁਦਾਈ ਕੌਣ ਹੈ।	بِأَييِّكُمُ الْمَفْتُونُ ﴿6﴾
7. ਬੇਸ਼ੱਕ ਤੁਹਾਡਾ ਰੱਬ ਇਸ ਗੱਲ ਨੂੰ ਭਲੀ ਭਾਂਤ ਜਾਣਦਾ ਹੈ ਕਿ ਕੌਣ ਉਸ ਦੀ ਰਾਹ ਤੋਂ ਭਟਕਿਆ ਹੋਇਆ ਹੈ ਅਤੇ ਕੌਣ ਸਿੱਧੇ ਰਾਹ 'ਤੇ ਹੈ।	إِنَّ رَبَّكَ هُوَ أَعْلَمُ بِمَن ضَلَّ عَن سَبِيلِهِ وَهُوَ أَعْلَمُ بِالْمُهْتَدِينَ ﴿7﴾
8. ਸੋ (ਹੇ ਨਬੀ!) ਤੁਸੀਂ ਝੁਠਲਾਉਣ ਵਾਲਿਆਂ ਦੇ ਪਿੱਛੇ ਨਹੀਂ ਲੱਗਣਾ।	فَلَا تُطِعِ الْمُكَذِّبِينَ ﴿8﴾
9. ਉਹ (ਕਾਫ਼ਿਰ) ਤਾਂ ਇਹ ਚਾਹੁੰਦੇ ਹਨ ਕਿ (ਕੁੱਝ) ਤੁਸੀਂ ਨਰਮੀ ਵਿਖਾਓ ਤਾਂ ਉਹ ਵੀ ਨਰਮ ਪੈ ਜਾਣ।	وَدُّوا لَوْ تُدْهِنُ فَيُدْهِنُونَ ﴿9﴾
10. ਤੁਸੀਂ ਬਹੁਤੀਆਂ ਸਹੁੰਆਂ ਖਾਣ ਵਾਲੇ ਜ਼ਲੀਲ ਵਿਅਕਤੀ ਦੀ ਗੱਲ ਉੱਕਾ ਹੀ ਨਾ ਮੰਨੋ।	وَلَا تُطِعْ كُلَّ حَلَّافٍ مَّهِينٍ ﴿10﴾
11. ਜਿਹੜਾ ਮਿਹਣੇ ਦੇਣ ਵਾਲਾ ਤੇ ਚੁਗਲਖ਼ੋਰ ਹੈ।	هَمَّازٍ مَّشَّاءٍ بِنَمِيمٍ ﴿11﴾
12. ਭਲਾਈ ਦੇ ਕੰਮਾਂ ਤੋਂ ਰੋਕਣ ਵਾਲਾ ਹੈ, ਅਤੇ ਹੱਦਾਂ ਟੱਪਣ ਵਾਲਾ ਅਤੇ ਮਹਾਂ-ਦੁਰਾਚਾਰੀ ਹੈ।	مَّنَّاعٍ لِّلْخَيْرِ مُعْتَدٍ أَثِيمٍ ﴿12﴾
13. ਉਜੱਡ ਦੇ ਨਾਲ-ਨਾਲ ਹਰਾਮਜ਼ਾਦਾ (ਨੀਚ) ਵੀ ਹੈ।	عُتُلٍّ بَعْدَ ذَٰلِكَ زَنِيمٍ ﴿13﴾
14. ਇਹ ਸਭ ਇਸ ਲਈ ਹੈ, ਕਿ ਉਹ ਧਨਵਾਨ ਤੇ ਪੁੱਤਰਾਂ ਵਾਲਾ ਹੈ।	أَن كَانَ ذَا مَالٍ وَبَنِينَ ﴿14﴾
15. ਜਦੋਂ ਉਸ ਨੂੰ ਸਾਡੀਆਂ ਆਇਤਾਂ ਸੁਣਾਈਆਂ ਜਾਂਦੀਆਂ ਹਨ ਤਾਂ ਕਹਿੰਦਾ ਹੈ ਕਿ ਇਹ ਤਾਂ ਬੀਤੇ ਸਮੇਂ ਦੀਆਂ ਕਹਾਣੀਆਂ ਹਨ।	إِذَا تُتْلَىٰ عَلَيْهِ آيَاتُنَا قَالَ أَسَاطِيرُ الْأَوَّلِينَ ﴿15﴾
16. ਅਸੀਂ ਛੇਤੀ ਹੀ ਇਸ ਦੀ ਸੁੰਡ (ਭਾਵ ਨੱਕ) 'ਤੇ ਦਾਗ਼ ਲਾਵਾਂਗੇ।	سَنَسِمُهُ عَلَى الْخُرْطُومِ ﴿16﴾

17. ਬੇਸ਼ੱਕ ਅਸੀਂ ਇਹਨਾਂ (ਮੱਕੇ ਵਾਲਿਆਂ) ਨੂੰ ਉਸੇ ਤਰ੍ਹਾਂ ਪਰੱਖਿਆ ਸੀ ਜਿਵੇਂ ਅਸੀਂ ਬਾਗ਼ ਵਾਲਿਆਂ ਨੂੰ ਪਰੱਖਿਆ ਸੀ, ਜਦੋਂ ਉਹਨਾਂ ਨੇ ਸਹੁੰ ਖਾਧੀ ਸੀ ਕਿ ਸਵੇਰ ਹੁੰਦੇ ਹੀ ਅਸੀਂ ਇਸ ਬਾਗ਼ ਦੇ ਫਲਾਂ ਨੂੰ ਤੋੜ ਲਵਾਂਗੇ।

إِنَّا بَلَوْنَاهُمْ كَمَا بَلَوْنَا أَصْحَابَ الْجَنَّةِ إِذْ أَقْسَمُوا لَيَصْرِمُنَّهَا مُصْبِحِينَ ﴿17﴾

18. ਉਹਨਾਂ ਨੇ ਇਨਸ਼ਾਅੱਲਾਹ (ਭਾਵ ਜੇ ਰੱਬ ਨੇ ਚਾਹਿਆ) ਨਹੀਂ ਕਿਹਾ ਸੀ।

وَلَا يَسْتَثْنُونَ ﴿18﴾

19. ਤੁਹਾਡੇ ਰੱਬ ਵੱਲੋਂ ਇਕ ਬਿਪਤਾ ਉਸ ਬਾਗ਼ 'ਤੇ ਆ ਪਈ ਜਦ ਕਿ ਹਾਲੇ ਉਹ ਸੁੱਤੇ ਪਏ ਸਨ।

فَطَافَ عَلَيْهَا طَائِفٌ مِّن رَّبِّكَ وَهُمْ نَائِمُونَ ﴿19﴾

20. ਅਤੇ ਉਹ ਬਾਗ਼ ਵਾਢੀ ਕੀਤੀ ਹੋਈ ਖੇਤੀ ਵਾਂਗ ਹੋ ਗਿਆ।

فَأَصْبَحَتْ كَالصَّرِيمِ ﴿20﴾

21. ਸਵੇਰ ਹੁੰਦੇ ਹੀ ਉਹਨਾਂ ਨੇ ਇਕ ਦੂਜੇ ਨੂੰ ਆਖਿਆ।

فَتَنَادَوْا مُصْبِحِينَ ﴿21﴾

22. ਕਿ ਜੇ ਤੁਸੀਂ ਫਲ ਤੋੜਣੇ ਹਨ ਤਾਂ ਆਪਣੇ ਬਾਗ਼ਾਂ ਵੱਲ ਸਵੇਰੇ-ਸਵੇਰੇ ਨਿੱਕਲ ਤੁਰੋ।

أَنِ اغْدُوا عَلَىٰ حَرْثِكُمْ إِن كُنتُمْ صَارِمِينَ ﴿22﴾

23. ਸੋ ਉਹ ਤੁਰ ਪਏ ਤੇ ਆਪੋ ਵਿਚ ਹੌਲੀ ਹੌਲੀ ਕਹਿ ਰਹੇ ਸਨ।

فَانطَلَقُوا وَهُمْ يَتَخَافَتُونَ ﴿23﴾

24. ਕਿ ਅੱਜ ਤੁਹਾਡੇ ਬਾਗ਼ ਵਿਚ ਕੋਈ ਵੀ ਮੁਥਾਜ ਨਹੀਂ ਵੜਨਾ ਚਾਹੀਦਾ।

أَن لَّا يَدْخُلَنَّهَا الْيَوْمَ عَلَيْكُم مِّسْكِينٌ ﴿24﴾

25. ਉਹ ਸਵੇਰੇ ਸਵੇਰੇ ਇਹੋ ਸੋਚਦੇ (ਬਾਗ਼ ਵੱਲ) ਤੁਰ ਪਏ ਕਿ ਉਹ ਮੁਥਾਜਾਂ ਨੂੰ ਰੋਕ ਸਕਦੇ ਹਨ।

وَغَدَوْا عَلَىٰ حَرْدٍ قَادِرِينَ ﴿25﴾

26. ਪਰ ਜਦੋਂ ਉਹਨਾਂ ਨੇ ਬਾਗ਼ ਨੂੰ ਵੇਖਿਆ ਤਾਂ ਆਖਿਆ ਕਿ "ਅਸੀਂ ਤਾਂ ਰਾਹ ਹੀ ਭੁੱਲ ਗਏ ਹਾਂ"।

فَلَمَّا رَأَوْهَا قَالُوا إِنَّا لَضَالُّونَ ﴿26﴾

27. (ਅਤੇ ਕਿਹਾ ਕਿ) ਨਹੀਂ ਅਸੀਂ ਰਾਹ ਨਹੀਂ ਭੁੱਲੇ ਸਗੋਂ ਸਾਡੇ ਤਾਂ ਭਾਗ ਹੀ ਫੁੱਟ ਗਏ।

بَلْ نَحْنُ مَحْرُومُونَ ﴿27﴾

28. ਉਹਨਾਂ ਵਿੱਚੋਂ ਜਿਹੜਾ ਸਭ ਤੋਂ ਚੰਗਾ ਸੀ ਉਹ ਆਖਣ ਲੱਗਿਆ ਕਿ ਮੈਂ ਤੁਹਾਨੂੰ ਆਖਿਆ ਨਹੀਂ

قَالَ أَوْسَطُهُمْ أَلَمْ أَقُل لَّكُمْ لَوْلَا تُسَبِّحُونَ ﴿28﴾

ਸੀ ਕਿ ਤੁਸੀਂ (ਆਪਣੇ ਪਾਲਣਹਾਰ ਦੀ) ਤਸਬੀਹ ਕਿਉਂ ਨਹੀਂ ਕਰਦੇ?

قَالُوْا سُبْحٰنَ رَبِّنَآ اِنَّا كُنَّا ظٰلِمِيْنَ 29

29. ਫੇਰ ਉਹ ਆਖਣ ਲੱਗੇ ਕਿ ਪਾਕ ਹੈ ਸਾਡਾ ਰੱਬ ਬੇਸ਼ੱਕ ਅਸੀਂ ਹੀ ਜ਼ਾਲਮ ਸਾਂ।

فَاَقْبَلَ بَعْضُهُمْ عَلٰى بَعْضٍ يَّتَلَاوَمُوْنَ 30

30. ਫੇਰ ਉਹਨਾਂ ਵਿੱਚੋਂ ਹਰੇਕ ਇਕ ਦੂਜੇ ਨੂੰ ਕੋਸਣ ਲੱਗ ਪਿਆ।

قَالُوْا يٰوَيْلَنَآ اِنَّا كُنَّا طٰغِيْنَ 31

31. ਅਤੇ ਉਹ ਆਖਣ ਲੱਗੇ ਕਿ ਹਾਏ ਅਫ਼ਸੋਸ, ਬੇਸ਼ੱਕ ਅਸੀਂ ਹੀ (ਰੱਬ ਦੇ) ਬਾਗ਼ੀ ਹੋ ਗਏ ਸਾਂ।

عَسٰى رَبُّنَآ اَنْ يُّبْدِلَنَا خَيْرًا مِّنْهَآ اِنَّآ
اِلٰى رَبِّنَا رٰغِبُوْنَ 32

32. ਹੋ ਸਕਦਾ ਹੈ ਕਿ ਸਾਡਾ ਰੱਬ ਬਦਲੇ ਵਿਚ ਸਾਨੂੰ ਇਸ ਤੋਂ ਵੀ ਵਧੀਆ ਬਾਗ਼ ਦੇ ਦੇਵੇ, ਅਸੀਂ ਆਪਣੇ ਰੱਬ ਨਾਲ ਮੋਹ ਰੱਖਣ ਵਾਲੇ ਹਾਂ।

كَذٰلِكَ الْعَذَابُ ۗ وَلَعَذَابُ الْاٰخِرَةِ
اَكْبَرُ ۘ لَوْ كَانُوْا يَعْلَمُوْنَ 33

33. ਅਜ਼ਾਬ ਤਾਂ ਇਸ ਤਰ੍ਹਾਂ ਵੀ ਹੁੰਦਾ ਹੈ ਪਰ ਆਖ਼ਿਰਤ ਦਾ ਅਜ਼ਾਬ ਸਭ ਤੋਂ ਵੱਧ ਕਰੜਾ ਹੈ। ਕਾਸ਼! ਇਹਨਾਂ ਨੂੰ ਇਸ ਦਾ ਗਿਆਨ ਹੁੰਦਾ।

اِنَّ لِلْمُتَّقِيْنَ عِنْدَ رَبِّهِمْ جَنّٰتِ النَّعِيْمِ 34

34. ਬੇਸ਼ੱਕ ਰੱਬ ਤੋਂ ਡਰਨ ਵਾਲਿਆਂ ਲਈ ਉਹਨਾਂ ਦੇ ਰੱਬ ਕੋਲ ਨਿਆਮਤਾਂ ਭਰੇ ਬਾਗ਼ ਹਨ।

اَفَنَجْعَلُ الْمُسْلِمِيْنَ كَالْمُجْرِمِيْنَ 35

35. ਕੀ ਅਸੀਂ ਮੁਸਲਮਾਨਾਂ (ਭਾਵ ਆਗਿਆਕਾਰੀਆਂ) ਨੂੰ ਅਪਰਾਧੀਆਂ ਦੇ ਬਰਾਬਰ ਕਰ ਦਿਆਂਗੇ।

مَا لَكُمْ ۗ كَيْفَ تَحْكُمُوْنَ 36

36. ਤੁਹਾਨੂੰ ਕੀ ਹੋ ਗਿਆ ਹੈ? ਤੁਸੀਂ ਕਿਹੋ ਜਿਹੇ ਫ਼ੈਸਲੇ ਕਰਦੇ ਹੋ?

اَمْ لَكُمْ كِتٰبٌ فِيْهِ تَدْرُسُوْنَ 37

37. ਕੀ ਤੁਹਾਡੇ ਕੋਲ ਕੋਈ ਕਿਤਾਬ ਹੈ ਜਿਸ ਵਿੱਚੋਂ ਤੁਸੀਂ ਇਹ ਸਭ ਪੜ੍ਹਦੇ ਹੋ?

اِنَّ لَكُمْ فِيْهِ لَمَا تَخَيَّرُوْنَ 38

38. ਕਿ ਜਿਸ ਵਿਚ ਤੁਹਾਡੇ ਮਨ ਭਾਉਂਦੀਆਂ ਗੱਲਾਂ ਹੋਣ।

اَمْ لَكُمْ اَيْمَانٌ عَلَيْنَا بَالِغَةٌ اِلٰى يَوْمِ الْقِيٰمَةِ ۙ
اِنَّ لَكُمْ لَمَا تَحْكُمُوْنَ 39

39. ਕੀ ਤੁਸੀਂ ਸਾਥੋਂ ਕਿਆਮਤ ਦਿਹਾੜੇ ਤਕ ਦੀਆਂ ਸੌਂਹਾਂ ਲੈ ਰੱਖੀਆਂ ਹਨ ਕਿ ਤੁਹਾਡੇ ਲਈ ਉਹੀਓ ਹੋਵੇਗਾ ਜਿਸ ਦਾ ਫ਼ੈਸਲਾ ਤੁਸੀਂ ਕਰੋਗੇ?

سَلْهُمْ أَيُّهُم بِذَٰلِكَ زَعِيمٌ ﴿٤٠﴾

40. ਇਹਨਾਂ ਤੋਂ ਪੁੱਛੋ ਕਿ ਤੁਹਾਡੇ ਵਿੱਚੋਂ ਕੌਣ ਇਸ ਦੀ ਜ਼ਮਾਨਤ ਲੈਂਦਾ ਹੈ?

أَمْ لَهُمْ شُرَكَاءُ فَلْيَأْتُوا بِشُرَكَائِهِمْ إِن كَانُوا صَادِقِينَ ﴿٤١﴾

41. ਕੀ (ਇਸ ਦੇ ਜ਼ਾਮਿਨ) ਇਹਨਾਂ ਦੇ ਮਿੱਥੇ ਹੋਏ (ਰੱਬ ਦੇ) ਸ਼ਰੀਕ ਹਨ? ਤਾਂ ਉਹਨਾਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਸ਼ਰੀਕ ਲਿਆਉਣ ਜੇ ਉਹ ਸੱਚੇ ਹਨ।

يَوْمَ يُكْشَفُ عَن سَاقٍ وَيُدْعَوْنَ إِلَى السُّجُودِ فَلَا يَسْتَطِيعُونَ ﴿٤٢﴾

42. ਜਿਸ ਦਿਨ ਪਿੰਨੀ ਖੋਲ੍ਹ ਦਿੱਤੀ ਜਾਵੇਗੀ ਭਾਵ ਔਖਾ ਵੇਲਾ ਆਵੇਗਾ ਅਤੇ ਉਹਨਾਂ ਇਨਕਾਰੀਆਂ ਨੂੰ ਸਿਜਦਾ ਕਰਨ ਲਈ ਬੁਲਾਇਆ ਜਾਵੇਗਾ ਤਾਂ ਉਹ ਸਿਜਦਾ ਨਹੀਂ ਕਰ ਸਕਣਗੇ।[1]

خَاشِعَةً أَبْصَارُهُمْ تَرْهَقُهُمْ ذِلَّةٌ ۖ وَقَدْ كَانُوا يُدْعَوْنَ إِلَى السُّجُودِ وَهُمْ سَالِمُونَ ﴿٤٣﴾

43. ਉਹਨਾਂ ਦੀਆਂ ਨਜ਼ਰਾਂ ਝੁਕੀਆਂ ਹੋਣਗੀਆਂ ਤੇ ਉਹਨਾਂ 'ਤੇ ਹੀਣਤਾ ਛਾਈ ਹੋਵੇਗੀ। ਜਦੋਂ ਸੰਸਾਰ ਵਿਚ ਉਹਨਾਂ ਨੂੰ ਸਿਜਦੇ ਲਈ ਬੁਲਾਇਆ ਜਾਂਦਾ ਸੀ ਉਸ ਵੇਲੇ ਤਾਂ ਉਹ ਭਲੇ ਚੰਗੇ ਸਨ।

فَذَرْنِي وَمَن يُكَذِّبُ بِهَٰذَا الْحَدِيثِ ۖ سَنَسْتَدْرِجُهُم مِّنْ حَيْثُ لَا يَعْلَمُونَ ﴿٤٤﴾

44. ਸੋ (ਹੇ ਨਬੀ!) ਅੱਜ ਮੈਨੂੰ ਤੇ ਉਸ ਨੂੰ ਜਿਹੜਾ ਹਦੀਸ (ਭਾਵ ਕੁਰਆਨ) ਨੂੰ ਝੁਠਲਾਉਂਦਾ ਸੀ (ਦੋਵਾਂ ਨੂੰ ਇਕੱਲਾ) ਛੱਡ ਦਿਓ। ਅਸੀਂ ਉਸ ਨੂੰ ਹੌਲੀ-ਹੌਲੀ ਬਰਬਾਦੀ ਵੱਲ ਲੈ ਜਾਵਾਂਗੇ ਕਿ ਉਸ ਨੂੰ ਪਤਾ ਵੀ ਨਹੀਂ ਲੱਗ ਸਕੇਗਾ।

وَأُمْلِي لَهُمْ ۚ إِنَّ كَيْدِي مَتِينٌ ﴿٤٥﴾

45. ਮੈਂ ਇਹਨਾਂ ਨੂੰ ਢਿੱਲ ਦੇ ਰਿਹਾ ਹਾਂ, ਬੇਸ਼ੱਕ ਮੇਰੀ ਚਾਲ ਵੱਡੀ ਜ਼ਬਰਦਸਤ ਹੈ।

أَمْ تَسْأَلُهُمْ أَجْرًا فَهُم مِّن مَّغْرَمٍ مُّثْقَلُونَ ﴿٤٦﴾

46. (ਹੇ ਨਬੀ!) ਕੀ ਤੁਸੀਂ ਉਹਨਾਂ ਤੋਂ ਬਦਲਾ ਭਾਲਦੇ ਹੋ ਕਿ ਇਹ ਉਸ ਤਾਵਾਨ (ਚੱਟੀ) ਦੇ ਭਾਰ ਹੇਠ ਦਬੇ ਜਾ ਰਹੇ ਹਨ?

أَمْ عِندَهُمُ الْغَيْبُ فَهُمْ يَكْتُبُونَ ﴿٤٧﴾

47. ਕੀ ਇਹਨਾਂ ਕੋਲ ਪਰੋਖ [illegible] ਆਨ ਹੈ, ਜਿਸ ਤੋਂ ਇਹ ਲਿਖ ਲਿਆਉਂਦੇ ਹਨ।

---

1 ਵੇਖੋ ਸੂਰਤ ਅਤ-ਤਹਰੀਮ, ਹਾਸ਼ੀਆ ਆਇਤ 8/66

48 ਸੋ ਤੁਸੀਂ ਆਪਣੇ ਰੱਬ ਦਾ ਹੁਕਮ ਆਉਣ ਤਕ ਧੀਰਜ ਤੋਂ ਕੰਮ ਲਵੋ ਅਤੇ ਮੱਛੀ ਵਾਲੇ (ਯੂਨੁਸ ਅ:) ਵਾਂਗ ਨਾ ਹੋ ਜਾਣਾ ਕਿ ਜਦੋਂ ਉਸ ਨੇ (ਅੱਲਾਹ ਨੂੰ) ਸੱਦਿਆ ਸੀ ਉਸ ਸਮੇਂ ਉਹ ਗ਼ਮ ਨਾਲ ਭਰਪੂਰ ਸੀ।

فَاصْبِرْ لِحُكْمِ رَبِّكَ وَلَا تَكُن كَصَاحِبِ الْحُوتِ إِذْ نَادَىٰ وَهُوَ مَكْظُومٌ ﴿48﴾

49 ਜੇਕਰ ਉਸ ਦੇ ਰੱਬ ਦੀ ਮਿਹਰ ਉਸ ਨੂੰ ਨਾ ਪੁੱਜਦੀ ਤਾਂ ਉਹ ਇਕ ਰੜੇ ਮੈਦਾਨ ਵਿਚ ਸੁੱਟ ਦਿੱਤਾ ਜਾਂਦਾ ਜਦ ਕਿ ਉਹ ਹੀਣਾ ਤੇ ਰੁਸਵਾ ਵੀ ਹੁੰਦਾ।

لَّوْلَا أَن تَدَارَكَهُ نِعْمَةٌ مِّن رَّبِّهِ لَنُبِذَ بِالْعَرَاءِ وَهُوَ مَذْمُومٌ ﴿49﴾

50 ਅੰਤ ਉਸ ਦੇ ਰੱਬ ਨੇ ਉਸ ਨੂੰ ਆਪਣੀਆਂ ਮਿਹਰਾਂ ਨਾਲ ਨਿਵਾਜਿਆ, ਅਤੇ ਉਸ ਨੂੰ ਭਲੇ ਪੁਰਖਾਂ ਵਿਚ ਰਲਾ ਲਿਆ।

فَاجْتَبَاهُ رَبُّهُ فَجَعَلَهُ مِنَ الصَّالِحِينَ ﴿50﴾

51 ਜਦੋਂ ਇਹ (ਇਨਕਾਰੀ) ਉਸ ਜ਼ਿਕਰ (ਭਾਵ .ਕੁਰਆਨ) ਸੁਣਦੇ ਹਨ ਤਾਂ ਤੁਹਾਨੂੰ ਆਪਣੀਆਂ (ਭੈੜੀਆਂ) ਨਜ਼ਰਾਂ ਨਾਲ ਇੰਜ ਤੱਕਦੇ ਹਨ ਜਿਵੇਂ ਉਹ ਤੁਹਾਡੇ ਪੈਰ (ਸਿੱਧੀ ਰਾਹ ਤੋਂ) ਉਖਾੜ ਦੇਣਗੇ ਅਤੇ ਆਖਦੇ ਹਨ ਕਿ ਬੇਸ਼ੱਕ ਉਹ (ਮੁਹੰਮਦ) ਤਾਂ ਸੁਦਾਈ ਹੈ।

وَإِن يَكَادُ الَّذِينَ كَفَرُوا لَيُزْلِقُونَكَ بِأَبْصَارِهِمْ لَمَّا سَمِعُوا الذِّكْرَ وَيَقُولُونَ إِنَّهُ لَمَجْنُونٌ ﴿51﴾

52. ਜਦ ਕਿ ਇਹ (.ਕੁਰਆਨ) ਤਾਂ ਸਾਰੇ ਜਹਾਨਾਂ ਲਈ ਇਕ ਨਸੀਹਤ ਹੈ।

وَمَا هُوَ إِلَّا ذِكْرٌ لِّلْعَالَمِينَ ﴿52﴾

69. ਸੂਰਤ ਅਲ-ਹਾਕਾ (ਮੱਕੀ-78)

(ਆਇਤਾਂ 52, ਰੁਕੂਅ 2)

سُورَةُ الْحَاقَّةِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਵਾਪਰਨ ਵਾਲੀ, ਹੁਣੇ ਵਾਪਰਨ ਵਾਲੀ ਹੈ।

الْحَاقَّةُ ﴿1﴾

2. ਕੀ ਹੈ, ਉਹ ਵਾਪਰਨ ਵਾਲੀ?

مَا الْحَاقَّةُ ﴿2﴾

وَمَآ أَدۡرَىٰكَ مَا ٱلۡحَآقَّةُ ③

3. ਤੁਹਾਨੂੰ ਵਾਪਰਨ ਵਾਲੀ ਦੀ ਖ਼ਬਰ ਕਿਸ ਨੇ ਦਿੱਤੀ ਹੈ?

كَذَّبَتۡ ثَمُودُ وَعَادُۢ بِٱلۡقَارِعَةِ ④

4. 'ਸਮੂਦ' ਅਤੇ 'ਆਦ' ਨੇ ਇਸ ਬਰਬਾਦ ਕਰਨ ਵਾਲੀ ਕਿਆਮਤ ਨੂੰ ਝੁਠਲਾਇਆ।

فَأَمَّا ثَمُودُ فَأُهۡلِكُواْ بِٱلطَّاغِيَةِ ⑤

5. ਜਿਹੜੇ 'ਸਮੂਦੀ' ਸਨ ਉਹ ਇਕ ਵੱਡੀ ਤੇਜ਼ ਡਰਾਉਣ ਵਾਲੀ ਆਵਾਜ਼ ਨਾਲ ਹਲਾਕ ਕਰ ਦਿੱਤੇ ਗਏ।

وَأَمَّا عَادٞ فَأُهۡلِكُواْ بِرِيحٖ صَرۡصَرٍ عَاتِيَةٖ ⑥

6. ਅਤੇ ਜਿਹੜੇ 'ਆਦੀ' ਸਨ ਉਹ ਤੇਜ਼ ਸ਼ੂਕਦੀ ਹਨੇਰੀ ਨਾਲ ਬਰਬਾਦ ਹੋ ਗਏ।

سَخَّرَهَا عَلَيۡهِمۡ سَبۡعَ لَيَالٖ وَثَمَٰنِيَةَ أَيَّامٍ
حُسُومٗاۖ فَتَرَى ٱلۡقَوۡمَ فِيهَا صَرۡعَىٰ كَأَنَّهُمۡ
أَعۡجَازُ نَخۡلٍ خَاوِيَةٖ ⑦

7 ਅੱਲਾਹ ਨੇ ਉਹਨਾਂ 'ਤੇ ਲਗਾਤਾਰ ਸੱਤ ਰਾਤਾਂ ਅਤੇ ਅੱਠ ਦਿਨ ਇਸ (ਹਨੇਰੀ) ਨੂੰ ਚਾੜ੍ਹੀ ਰੱਖਿਆ, ਜੇ ਤੁਸੀਂ ਉੱਥੇ ਹੁੰਦੇ ਤਾਂ ਤੁਸੀਂ ਉਸ ਕੌਮ ਨੂੰ ਇੰਜ ਬਰਬਾਦ ਪਏ ਵੇਖਦੇ ਜਿਵੇਂ ਉਹ ਖਜੂਰ ਦੇ ਪੋਲੇ ਤੇ ਸੁੱਕੇ ਮੁੱਢ ਹੋਣ।

فَهَلۡ تَرَىٰ لَهُم مِّنۢ بَاقِيَةٖ 8

8 ਕੀ ਤੁਸੀਂ ਉਹਨਾਂ ਕੌਮਾਂ ਦਾ ਕੁੱਝ ਵੀ ਬਾਕੀ ਬਚਿਆ ਹੋਇਆ ਵੇਖਦੇ ਹੋ?

وَجَآءَ فِرۡعَوۡنُ وَمَن قَبۡلَهُۥ وَٱلۡمُؤۡتَفِكَٰتُ
بِٱلۡخَاطِئَةِ ⑨

9. ਅਤੇ ਫ਼ਿਰਔਨ ਜਿਹੜਾ ਇਹਨਾਂ ਤੋਂ ਪਹਿਲਾਂ ਸੀ ਅਤੇ ਉੱਪਰ ਥੱਲੇ ਕੀਤੀਆਂ ਗਈਆਂ ਬਸਤੀਆਂ ਵਾਲੇ ਵੀ ਪਾਪ ਕਰਦੇ ਸਨ।

فَعَصَوۡاْ رَسُولَ رَبِّهِمۡ فَأَخَذَهُمۡ أَخۡذَةٗ رَّابِيَةً ⑩

10 ਉਹਨਾਂ ਨੇ ਆਪਣੇ ਰੱਬ ਦੇ ਰਸੂਲ ਦੀ ਨਾ-ਫ਼ਰਮਾਨੀ ਕੀਤੀ ਤਾਂ ਉਹਨਾਂ ਦੇ ਰੱਬ ਨੇ ਉਹਨਾਂ ਨੂੰ ਕਰੜਾਈ ਨਾਲ ਫੜ ਲਿਆ।

إِنَّا لَمَّا طَغَا ٱلۡمَآءُ حَمَلۡنَٰكُمۡ فِي ٱلۡجَارِيَةِ ⑪

11. ਬੇਸ਼ੱਕ ਜਦੋਂ ਪਾਣੀ ਦਾ ਹੜ੍ਹ ਆਇਆ ਤਾਂ ਅਸੀਂ ਤੁਹਾਨੂੰ (ਨੂਹ ਤੇ ਉਸ ਦੇ ਸਾਥੀਆਂ ਨੂੰ) ਚਲਦੀ ਬੇੜੀ ਵਿਚ ਸਵਾਰ ਕਰ ਦਿੱਤਾ।

لِنَجۡعَلَهَا لَكُمۡ تَذۡكِرَةٗ وَتَعِيَهَآ أُذُنٞ وَٰعِيَةٞ ⑫

12. ਤਾਂ ਜੋ ਅਸੀਂ ਤੁਹਾਡੀ ਇਸ ਘਟਨਾ ਨੂੰ

ਸਿੱਖਿਆਦਾਈ ਬਣਾ ਦੇਈਏ, ਤਾਂ ਜੋ ਚੇਤੇ ਰੱਖਣ ਵਾਲੇ ਕੰਨ ਇਸ ਨੂੰ ਯਾਦ ਰੱਖਣ।

13 ਫੇਰ ਜਦੋਂ ਸੂਰ (ਨਰਸਿੰਘੇ) ਵਿਚ ਇਕ ਹੀ ਵਾਰ ਫੂੰਕ ਮਾਰੀ ਜਾਵੇਗੀ।

فَإِذَا نُفِخَ فِي الصُّورِ نَفْخَةٌ وَاحِدَةٌ ﴿13﴾

14 ਅਤੇ ਧਰਤੀ ਤੇ ਪਹਾੜ ਚੁੱਕ ਕੇ ਇਕ ਹੀ ਸੱਟ ਵਿਚ ਚੂਰ ਚੂਰ ਕਰ ਦਿੱਤੇ ਜਾਣਗੇ।

وَحُمِلَتِ الْأَرْضُ وَالْجِبَالُ فَدُكَّتَا دَكَّةً
وَاحِدَةً ﴿14﴾

15. ਉਸ ਦਿਹਾੜੇ ਵਾਪਰਨ ਵਾਲੀ ਘਟਨਾ (ਕਿਆਮਤ) ਵਾਪਰੇਗੀ।

فَيَوْمَئِذٍ وَقَعَتِ الْوَاقِعَةُ ﴿15﴾

16 ਅਤੇ ਅਕਾਸ਼ ਫੱਟ ਜਾਵੇਗਾ ਉਸ ਦਿਨ ਉਹ ਢਿੱਲਾ ਹੋ ਜਾਵੇਗਾ।

وَانْشَقَّتِ السَّمَاءُ فَهِيَ يَوْمَئِذٍ وَاهِيَةٌ ﴿16﴾

17 ਅਤੇ ਫ਼ਰਿਸ਼ਤੇ ਉਸ ਦੇ ਕੰਢਿਆਂ 'ਤੇ ਹੋਣਗੇ ਅਤੇ ਉਸ ਦਿਨ ਅੱਠ ਫ਼ਰਿਸ਼ਤੇ ਤੁਹਾਡੇ ਰੱਬ ਦਾ ਅਰਸ਼ ਆਪਣੇ ਉੱਤੇ ਚੁੱਕੀ ਹੋਣਗੇ.

وَالْمَلَكُ عَلَىٰ أَرْجَائِهَا ۚ وَيَحْمِلُ عَرْشَ رَبِّكَ
فَوْقَهُمْ يَوْمَئِذٍ ثَمَانِيَةٌ ﴿17﴾

18 ਉਸ ਦਿਹਾੜੇ ਤੁਹਾਡੀ ਪੇਸ਼ੀ (ਰੱਬ ਦੇ ਹਜ਼ੂਰ) ਹੋਵੇਗੀ, ਤੇ ਤੁਹਾਡਾ ਕੋਈ ਵੀ ਭੇਤ ਲੁਕਿਆ ਨਹੀਂ ਰਹੇਗਾ

يَوْمَئِذٍ تُعْرَضُونَ لَا تَخْفَىٰ مِنْكُمْ خَافِيَةٌ ﴿18﴾

19 ਉਸ ਵੇਲੇ ਜਿਸ ਦੀ ਕਰਮ ਪੱਤਰੀ ਉਸ ਦੇ ਸੱਜੇ ਹੱਥ ਵਿਚ ਦਿੱਤੀ ਜਾਵੇਗੀ, ਉਹ ਆਖੇਗਾ, ਲਓ ਮੇਰੀ ਕਰਮ-ਪੱਤਰੀ ਪੜ੍ਹੋ।

فَأَمَّا مَنْ أُوتِيَ كِتَابَهُ بِيَمِينِهِ فَيَقُولُ هَاؤُمُ
اقْرَءُوا كِتَابِيَهْ ﴿19﴾

20 ਬੇਸ਼ੱਕ ਮੈਨੂੰ ਭਰੋਸਾ ਸੀ ਕਿ ਮੈਨੂੰ ਆਪਣੇ ਲੇਖੇ ਜੋਖੇ ਨਾਲ ਮਿਲਣਾ ਹੈ।

إِنِّي ظَنَنْتُ أَنِّي مُلَاقٍ حِسَابِيَهْ ﴿20﴾

21 ਸੋ ਉਹ ਮਨ ਭਾਉਂਦੀ ਜੀਵਨੀ ਵਿਚ ਹੋਵੇਗਾ।

فَهُوَ فِي عِيشَةٍ رَاضِيَةٍ ﴿21﴾

22 ਉੱਚੀਆਂ ਜੰਨਤਾਂ ਵਿਚ ਹੋਵੇਗਾ।

فِي جَنَّةٍ عَالِيَةٍ ﴿22﴾

23 ਜਿਸ ਦੇ ਫਲਾਂ ਦੇ ਗੁੱਛੇ ਕੋਲ ਹੀ ਝੁੱਕੇ ਹੋਣਗੇ।

قُطُوفُهَا دَانِيَةٌ ﴿23﴾

24. ਆਖਿਆ ਜਾਵੇਗਾ ਕਿ ਮੌਜਾਂ ਨਾਲ ਖਾਓ ਪੀਓ ਆਪਣੇ ਉਹਨਾਂ ਕਰਮਾਂ ਦੇ ਬਦਲੇ ਜਿਹੜੇ ਤੁਸੀਂ ਬੀਤੇ ਸਮੇਂ ਵਿਚ ਅੱਗੇ ਭੇਜੇ ਸਨ।

كُلُوا وَاشْرَبُوا هَنِيئًا بِمَا أَسْلَفْتُمْ فِي الْأَيَّامِ الْخَالِيَةِ (24)

25 ਪਰ ਜਿਸ ਦੀ ਕਰਮ ਪੱਤਰੀ ਉਸ ਦੇ ਖੱਬੇ ਹੱਥ ਵਿਚ ਦਿੱਤੀ ਗਈ ਉਹ ਆਖੇਗਾ, ਕਾਸ਼ ਮੈਨੂੰ ਮੇਰੀ ਕਰਮ-ਪੱਤਰੀ ਨਾ ਦਿੱਤੀ ਜਾਂਦੀ।

وَأَمَّا مَنْ أُوتِيَ كِتَابَهُ بِشِمَالِهِ فَيَقُولُ يَا لَيْتَنِي لَمْ أُوتَ كِتَابِيَهْ (25)

26 ਮੈਨੂੰ ਪਤਾ ਹੀ ਨਾ ਹੁੰਦਾ ਕਿ ਮੇਰਾ ਲੇਖਾ-ਜੋਖਾ ਕੀ ਹੈ?

وَلَمْ أَدْرِ مَا حِسَابِيَهْ (26)

27 ਕਾਸ਼! ਉਹੀਓ (ਜਿਹੜੀ ਸੰਸਾਰ ਵਿਚ ਮੌਤ ਆਈ ਸੀ) ਨਿਰਨਾਇਕ ਸਿੱਧ ਹੁੰਦੀ।

يَا لَيْتَهَا كَانَتِ الْقَاضِيَةَ (27)

28. ਮੈਨੂੰ ਮੇਰੇ ਮਾਲ ਨੇ ਕੁੱਝ ਵੀ ਲਾਭ ਨਹੀਂ ਦਿੱਤਾ।

مَا أَغْنَىٰ عَنِّي مَالِيَهْ (28)

29. ਮੇਰੀ ਹੁਕਮਰਾਨੀ ਮੈਥੋਂ ਖੁਸ ਗਈ।

هَلَكَ عَنِّي سُلْطَانِيَهْ (29)

30. ਹੁਕਮ ਹੋਵੇਗਾ ਕਿ ਇਸ ਨੂੰ ਫੜ ਲਵੋ ਅਤੇ ਇਸ ਦੇ ਸੰਗਲ ਪਾ ਦਿਓ।

خُذُوهُ فَغُلُّوهُ (30)

31. ਫੇਰ ਇਸ ਨੂੰ ਨਰਕ ਦੀ ਅੱਗ ਵਿਚ ਸੁੱਟ ਦਿਓ।

ثُمَّ الْجَحِيمَ صَلُّوهُ (31)

32. ਫੇਰ ਇਕ ਜ਼ੰਜੀਰ ਵਿਚ, ਜਿਹੜੀ ਸੱਤਰ ਗਜ਼ ਲੰਮੀ ਹੈ, ਇਸ ਨੂੰ ਜਕੜ ਦਿਓ।

ثُمَّ فِي سِلْسِلَةٍ ذَرْعُهَا سَبْعُونَ ذِرَاعًا فَاسْلُكُوهُ (32)

33 ਬੇਸ਼ੱਕ ਉਹ ਅੱਲਾਹ ਉੱਤੇ, ਜੋ ਕਿ ਸਰਵੁੱਚ ਹੈ, ਈਮਾਨ ਨਹੀਂ ਲਿਆਇਆ ਸੀ।

إِنَّهُ كَانَ لَا يُؤْمِنُ بِاللَّهِ الْعَظِيمِ (33)

34. ਅਤੇ ਨਾ ਹੀ ਮੁਥਾਜ ਨੂੰ ਖਾਣਾ ਖਵਾਉਣ ਲਈ ਪ੍ਰੇਰਨਾ ਦਿੰਦਾ ਸੀ।[1]

وَلَا يَحُضُّ عَلَىٰ طَعَامِ الْمِسْكِينِ (34)

---

1 ਅੱਲਾਹ ਦੇ ਰਸੂਲ (ਸ.) ਨੂੰ ਪੁੱਛਿਆ ਗਿਆ ਕਿ ਇਸਲਾਮ ਦੀ ਕਿਹੜੀ ਖ਼ਸਲਤ ਸਭ ਤੋਂ ਵਧੀਆ ਹੈ? ਆਪ (ਸ.) ਨੇ ਫ਼ਰਮਾਇਆ, ਭੁੱਖੇ ਨੂੰ ਭੋਜਨ ਕਰਵਾਉਣਾ, ਹਰ ਮੁਸਲਮਾਨ ਨੂੰ ਸਲਾਮ ਕਰਨਾ, ਭਾਵੇਂ ਤੁਸੀਂ ਉਸ ਨੂੰ ਜਾਣਦੇ ਹੋ ਜਾਂ ਨਹੀਂ। (ਸਹੀ ਬੁਖ਼ਾਰੀ, ਹਦੀਸ: 12)

35. ਸੋ ਅੱਜ ਇੱਥੇ ਕੋਈ ਉਸ ਦਾ ਹਮਦਰਦ ਦੋਸਤ ਨਹੀਂ।

فَلَيْسَ لَهُ الْيَوْمَ هٰهُنَا حَمِيمٌ (35)

36. ਅਤੇ ਨਾ ਹੀ ਜ਼ਖਮਾਂ ਦੇ ਧੋਣ ਤੋਂ ਛੁੱਟ ਕੋਈ ਭੋਜਨ ਹੈ।

وَلَا طَعَامٌ إِلَّا مِنْ غِسْلِينٍ (36)

37. ਛੁੱਟ ਅਪਰਾਧੀਆਂ ਤੋਂ ਇਸ ਨੂੰ ਕੋਈ ਨਹੀਂ ਖਾਂਦਾ।

لَا يَأْكُلُهُ إِلَّا الْخَاطِئُونَ (37)

38. ਸੋ ਮੈਂ ਉਹਨਾਂ ਚੀਜ਼ਾਂ ਦੀ ਸਹੁੰ ਖਾਂਦਾ ਹਾਂ ਜੋ ਤੁਸੀਂ ਵੇਖਦੇ ਹੋ।

فَلَا أُقْسِمُ بِمَا تُبْصِرُونَ (38)

39. ਅਤੇ ਉਹਨਾਂ ਦੀ ਵੀ ਜੋ ਤੁਸੀਂ ਨਹੀਂ ਵੇਖਦੇ।

وَمَا لَا تُبْصِرُونَ (39)

40. ਬੇਸ਼ੱਕ ਇਹ (ਕੁਰਆਨ) ਇਕ ਸਤਿਕਾਰਜੋਗ ਰਸੂਲ ਦਾ ਕਥਨ ਹੈ।

إِنَّهُ لَقَوْلُ رَسُولٍ كَرِيمٍ (40)

41. ਇਹ ਕਿਸੇ ਕਵੀ ਦਾ ਕਥਨ ਨਹੀਂ, ਪਰ ਤੁਸੀਂ ਲੋਕ ਘੱਟ ਹੀ ਈਮਾਨ ਲਿਆਉਂਦੇ ਹੋ।

وَمَا هُوَ بِقَوْلِ شَاعِرٍ ۚ قَلِيلًا مَا تُؤْمِنُونَ (41)

42. ਅਤੇ ਨਾ ਹੀ ਕਿਸੇ ਪਾਂਧੇ ਦਾ ਕਥਨ ਹੈ, ਪਰ ਤੁਸੀਂ ਲੋਕ ਘੱਟ ਹੀ ਨਸੀਹਤ ਗ੍ਰਹਿਣ ਕਰਦੇ ਹੋ।

وَلَا بِقَوْلِ كَاهِنٍ ۚ قَلِيلًا مَا تَذَكَّرُونَ (42)

43. ਇਹ (ਕੁਰਆਨ) ਤਾਂ ਸਾਰੇ ਹੀ ਜਹਾਨਾਂ ਦੇ ਪਾਲਣਹਾਰ ਵੱਲੋਂ ਉਤਾਰਿਆ ਗਿਆ ਹੈ।

تَنْزِيلٌ مِنْ رَبِّ الْعَالَمِينَ (43)

44. ਜੇਕਰ ਇਹ (ਮੁਹੰਮਦ ਸ:) ਸਾਡੇ ਨਾਂ ਨਾਲ ਕੋਈ ਗੱਲ ਘੜ੍ਹ ਲਿਆਉਂਦਾ।

وَلَوْ تَقَوَّلَ عَلَيْنَا بَعْضَ الْأَقَاوِيلِ (44)

45. ਤਾਂ ਅਸੀਂ ਉਸ ਦਾ ਸੱਜਾ ਹੱਥ ਨੱਪ ਲੈਂਦੇ।

لَأَخَذْنَا مِنْهُ بِالْيَمِينِ (45)

46. ਫੇਰ ਅਸੀਂ ਉਸਦੀ ਘੰਡੀ ਵੱਢ ਸੁੱਟਦੇ।

ثُمَّ لَقَطَعْنَا مِنْهُ الْوَتِينَ (46)

47. ਫੇਰ ਤੁਹਾਡੇ ਵਿੱਚੋਂ ਕੋਈ ਵੀ ਸਾਨੂੰ (ਭਾਵ ਅੱਲਾਹ ਨੂੰ) ਇਸ ਕੰਮ ਤੋਂ ਰੋਕਣ ਵਾਲਾ ਨਹੀਂ ਸੀ।

فَمَا مِنْكُمْ مِنْ أَحَدٍ عَنْهُ حَاجِزِينَ (47)

وَإِنَّهُ لَتَذْكِرَةٌ لِّلْمُتَّقِينَ ﴿48﴾

48. ਨਿਰਸੰਦੇਹ, ਇਹ ਕੁਰਆਨ ਮੁੱਤਕੀਆਂ (ਬੁਰਾਈਆਂ ਤੋਂ ਬਚਣ ਵਾਲਿਆਂ) ਲਈ ਇਕ ਨਸੀਹਤ ਹੈ।

وَإِنَّا لَنَعْلَمُ أَنَّ مِنكُم مُّكَذِّبِينَ ﴿49﴾

49. ਬੇਸ਼ੱਕ ਅਸੀਂ ਜਾਣਦੇ ਹਾਂ ਕਿ ਤੁਹਾਡੇ ਵਿੱਚੋਂ ਕੁੱਝ ਲੋਕ ਇਸ ਨੂੰ ਝੁਠਲਾਉਂਦੇ ਹਨ।

وَإِنَّهُ لَحَسْرَةٌ عَلَى الْكَافِرِينَ ﴿50﴾

50. ਅਤੇ ਬੇਸ਼ੱਕ ਉਹ (ਝੁਠਲਾਉਣਾ) ਕਾਫ਼ਿਰਾਂ ਲਈ ਪਛਤਾਵੇ ਦਾ ਕਾਰਨ ਹੈ।[1]

وَإِنَّهُ لَحَقُّ الْيَقِينِ ﴿51﴾

51 ਨਿਰਸੰਦੇਹ, ਇਹ ਇਕ ਅਟੱਲ ਸੱਚਾਈ ਹੈ।[2]

فَسَبِّحْ بِاسْمِ رَبِّكَ الْعَظِيمِ ﴿52﴾

52. ਸੋ (ਹੇ ਨਬੀ!) ਤੁਸੀਂ ਆਪਣੇ ਸਰਵ੍ਰੇਸ਼ਟ ਤੇ ਮਹਾਨ ਰੱਬ ਦੇ ਨਾਂ ਦੀ ਤਸਬੀਹ ਕਰੋ।

70. ਸੂਰਤ ਅਲ-ਮਆਰਿਜ (ਮੱਕੀ-79)

سُورَةُ الْمَعَارِجِ

(ਆਇਤਾਂ 44, ਰੁਕੂਅ 2)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

سَأَلَ سَائِلٌ بِعَذَابٍ وَاقِعٍ ﴿1﴾

1. ਇਕ ਮੰਗਣ ਵਾਲੇ ਨੇ ਅਜ਼ਾਬ ਮੰਗਿਆ ਹੈ, ਜਿਹੜਾ ਵਾਪਰਨ ਵਾਲਾ ਹੈ।

لِّلْكَافِرِينَ لَيْسَ لَهُ دَافِعٌ ﴿2﴾

2. ਇਹ ਅਜ਼ਾਬ ਕਾਫ਼ਿਰਾਂ ਲਈ ਹੈ, ਕੋਈ ਇਸ ਨੂੰ ਟਾਲਣ ਵਾਲਾ ਨਹੀਂ।

مِّنَ اللَّهِ ذِي الْمَعَارِجِ ﴿3﴾

3. ਅਤੇ (ਇਹ ਅਜ਼ਾਬ) ਉਸ ਅੱਲਾਹ ਵੱਲੋਂ ਹੈ ਜਿਹੜਾ ਉੱਚੇ ਮਰਤਬਿਆਂ ਵਾਲਾ ਹੈ।

---

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3 ਅਤੇ ਸੂਰਤ ਯੂਨੁਸ, ਹਾਸ਼ੀਆ ਆਇਤ 37/10

[2] ਵੇਖੋ ਸੂਰਤ ਅਰ-ਰਅਦ, ਹਾਸ਼ੀਆ ਆਇਤ 28/13

4 ਫ਼ਰਿਸ਼ਤੇ ਅਤੇ ਰੂਹ (ਜਿਬਰਾਈਲ) ਉਸ ਦੇ ਹਜ਼ੂਰ ਇਕ ਅਜਿਹੇ ਦਿਨ ਚੜ੍ਹ ਕੇ ਜਾਂਦੇ ਹਨ ਜਿਸ ਦੀ ਮਿਣਤੀ ਪੰਜਾਹ ਹਜ਼ਾਰ ਸਾਲ ਹੈ।

تَعْرُجُ الْمَلٰٓئِكَةُ وَالرُّوحُ إِلَيْهِ فِي يَوْمٍ كَانَ مِقْدَارُهُ خَمْسِينَ أَلْفَ سَنَةٍ ٤

5 ਸੋ (ਹੇ ਨਬੀ!) ਤੁਸੀਂ ਸੋਹਣੇ ਢੰਗ ਨਾਲ ਸਬਰ ਤੋਂ ਕੰਮ ਲਓ।

فَاصْبِرْ صَبْرًا جَمِيلًا ٥

6 ਬੇਸ਼ੱਕ ਇਹ ਲੋਕ ਉਸ (ਕਿਆਮਤ) ਨੂੰ ਦੂਰ ਵੇਖਦੇ ਹਨ।

إِنَّهُمْ يَرَوْنَهُ بَعِيدًا ٦

7 ਜਦ ਕਿ ਅਸੀਂ ਉਸ ਨੂੰ ਨੇੜੇ ਵੇਖਦੇ ਹਾਂ।

وَنَرٰىهُ قَرِيبًا ٧

8 ਜਿਸ ਦਿਨ ਅਕਾਸ਼ ਪਿਘਲੇ ਹੋਏ ਤਾਂਬੇ ਵਾਂਗ ਹੋ ਜਾਵੇਗਾ।

يَوْمَ تَكُونُ السَّمَآءُ كَالْمُهْلِ ٨

9 ਅਤੇ ਪਹਾੜ ਧੁਣਖੀ ਹੋਈ ਰੰਗ-ਬਰੰਗੀ ਉੱਨ ਵਾਂਗ ਹੋ ਜਾਣਗੇ।

وَتَكُونُ الْجِبَالُ كَالْعِهْنِ ٩

10 ਕੋਈ ਵੀ ਦੋਸਤ ਆਪਣੇ ਜਿਗਰੀ ਦੋਸਤ ਨੂੰ ਨਹੀਂ ਪੁੱਛੇਗਾ।

وَلَا يَسْـَٔلُ حَمِيمٌ حَمِيمًا ١٠

11. ਜਦ ਕਿ ਉਹ (ਦੋਸਤ) ਇਕ ਦੂਜੇ ਨੂੰ ਵਿਖਾ ਵੀ ਦਿੱਤੇ ਜਾਣਗੇ। ਅਪਰਾਧੀ ਚਾਹੇਗਾ ਕਿ ਕਾਸ਼! ਅਜ਼ਾਬ ਤੋਂ ਬਚਣ ਲਈ ਆਪਣੇ ਪੁੱਤਰਾਂ ਨੂੰ ਛੁਡਵਾਈ ਵਜੋਂ ਦੇ ਦੇਵੇ।

يُبَصَّرُونَهُمْ يَوَدُّ الْمُجْرِمُ لَوْ يَفْتَدِي مِنْ عَذَابِ يَوْمِئِذٍ بِبَنِيهِ ١١

12 ਆਪਣੀ ਪਤਨੀ ਤੇ ਆਪਣੇ ਭਰਾ ਨੂੰ ਵੀ।

وَصَاحِبَتِهِ وَأَخِيهِ ١٢

13 ਅਤੇ ਆਪਣੇ ਪਰਿਵਾਰ ਨੂੰ ਵੀ ਜਿਹੜਾ ਉਸ ਨੂੰ ਸ਼ਰਨ ਦਿੰਦਾ ਸੀ।

وَفَصِيلَتِهِ الَّتِي تُـْٔوِيهِ ١٣

14. ਅਤੇ ਧਰਤੀ ਉੱਤੇ ਜਿੰਨੇ ਵੀ ਵਸਨੀਕ ਹਨ ਉਹਨਾਂ ਸਾਰਿਆਂ ਨੂੰ ਛੁਡਵਾਈ ਵਜੋਂ ਦੇ ਦੇਵੇ ਤਾਂ ਜੋ ਉਸ ਨੂੰ (ਅਜ਼ਾਬ ਤੋਂ) ਮੁਕਤੀ ਮਿਲ ਜਾਵੇ।[1]

وَمَنْ فِي الْأَرْضِ جَمِيعًا ثُمَّ يُنْجِيهِ ١٤

---

[1] ਵੇਖੋ ਸੂਰਤ ਅਜ਼-ਜ਼ਾਰਿਆਤ, ਹਾਸ਼ੀਆ ਆਇਤ 80/51

15. ਕਦੇ ਵੀ ਨਹੀਂ (ਬਚ ਸਕੇਗਾ) ਬੇਸ਼ੱਕ ਉਹ ਤਾਂ ਇਕ ਭੜਕਦੀ ਹੋਈ ਅੱਗ ਹੈ।

كَلَّا ۖ إِنَّهَا لَظَىٰ ﴿١٥﴾

16. ਜਿਹੜੀ ਚਮੜੀਆਂ ਨੂੰ ਉਧੇੜ ਦੇਣ ਵਾਲੀ ਹੈ।

نَزَّاعَةً لِّلشَّوَىٰ ﴿١٦﴾

17. ਅਤੇ ਉਹ ਹਰ ਉਸ ਵਿਅਕਤੀ ਨੂੰ, ਜਿਸ ਨੇ ਵੀ (ਹੱਕ ਤੋਂ) ਪਿੱਠ ਫੇਰੀ ਅਤੇ ਮੂੰਹ ਮੋੜਿਆ, ਹਾਕਾਂ ਮਾਰ-ਮਾਰ ਕੇ ਆਪਣੇ ਵੱਲ ਸੱਦੇਗੀ।

تَدْعُو مَنْ أَدْبَرَ وَتَوَلَّىٰ ﴿١٧﴾

18. ਅਤੇ ਧਨ ਇਕੱਠਾ ਕੀਤਾ ਅਤੇ ਉਸ ਨੂੰ ਸੈਂਤ ਸੈਂਤ ਕੇ ਰੱਖਿਆ।

وَجَمَعَ فَأَوْعَىٰ ﴿١٨﴾

19. ਬੇਸ਼ੱਕ ਮਨੁੱਖ ਨੂੰ ਬੇ ਸਬਰਾ (ਥੁੜ ਦਿਲਾ) ਪੈਦਾ ਕੀਤਾ ਗਿਆ ਹੈ।

إِنَّ الْإِنسَانَ خُلِقَ هَلُوعًا ﴿١٩﴾

20. ਜਦੋਂ ਉਸ ਨੂੰ ਕੋਈ ਨੁਕਸਾਨ ਪਹੁੰਚਦਾ ਹੈ ਤਾਂ ਉਹ ਘਬਰਾ ਜਾਂਦਾ ਹੈ।

إِذَا مَسَّهُ الشَّرُّ جَزُوعًا ﴿٢٠﴾

21. ਜਦੋਂ ਕੋਈ ਭਲਾਈ ਮਿਲਦੀ ਹੈ, ਤਾਂ ਉਹ ਕੰਜੂਸੀ ਕਰਨ ਲੱਗਦਾ ਹੈ।

وَإِذَا مَسَّهُ الْخَيْرُ مَنُوعًا ﴿٢١﴾

22. ਪਰ ਉਹ ਨਮਾਜ਼ੀ।

إِلَّا الْمُصَلِّينَ ﴿٢٢﴾

23. ਜਿਹੜੇ ਆਪਣੀਆਂ ਨਮਾਜ਼ਾਂ ਉੱਤੇ ਸਦਾ ਕਾਇਮ ਰਹਿੰਦੇ ਹਨ।

الَّذِينَ هُمْ عَلَىٰ صَلَاتِهِمْ دَائِمُونَ ﴿٢٣﴾

24. ਅਤੇ ਜਿਨ੍ਹਾਂ ਦੇ ਮਾਲਾਂ ਵਿਚ (ਦੂਜੇ ਲੋਕਾਂ ਦਾ) ਹੱਕ ਨਿਸ਼ਚਿਤ ਹੈ।

وَالَّذِينَ فِي أَمْوَالِهِمْ حَقٌّ مَّعْلُومٌ ﴿٢٤﴾

25. (ਜਿਵੇਂ) ਮੰਗਣ ਵਾਲੇ ਅਤੇ ਮਹਿਰੂਮਾਂ ਦਾ (ਹਿੱਸਾ ਹੈ)।

لِّلسَّائِلِ وَالْمَحْرُومِ ﴿٢٥﴾

26. ਅਤੇ ਜਿਹੜੇ ਲੋਕ ਬਦਲੇ ਵਾਲੇ ਦਿਨ (ਭਾਵ ਕਿਆਮਤ) ਦੀ ਪੁਸ਼ਟੀ ਕਰਦੇ ਹਨ।

وَالَّذِينَ يُصَدِّقُونَ بِيَوْمِ الدِّينِ ﴿٢٦﴾

27. ਅਤੇ ਜਿਹੜੇ ਆਪਣੇ ਰੱਬ ਦੇ ਅਜ਼ਾਬ ਤੋਂ ਡਰਨ ਵਾਲੇ ਹਨ।

وَالَّذِينَ هُم مِّنْ عَذَابِ رَبِّهِم مُّشْفِقُونَ ﴿٢٧﴾

28. ਬੇਸ਼ੱਕ ਉਹਨਾਂ ਦੇ ਰੱਬ ਦਾ ਅਜ਼ਾਬ ਕੋਈ ਨਾ ਡਰਨ ਵਾਲੀ ਚੀਜ਼ ਨਹੀਂ।

إِنَّ عَذَابَ رَبِّهِمْ غَيْرُ مَأْمُونٍ ﴿28﴾

29. ਜਿਹੜੇ ਆਪਣੀਆਂ ਗੁਪਤ-ਇੰਦਰੀਆਂ ਦੀ ਰਾਖੀ ਕਰਨ ਵਾਲੇ ਹਨ।

وَالَّذِينَ هُمْ لِفُرُوجِهِمْ حَافِظُونَ ﴿29﴾

30. ਛੁੱਟ ਆਪਣੀਆਂ ਪਤਨੀਆਂ ਜਾਂ ਆਪਣੀਆਂ ਗੋਲੀਆਂ ਤੋਂ (ਜੇ ਰਾਖੀ ਨਹੀਂ ਕਰਦੇ) ਤਾਂ ਉਹਨਾਂ ਦਾ ਕੋਈ ਦੋਸ਼ ਨਹੀਂ।

إِلَّا عَلَىٰ أَزْوَاجِهِمْ أَوْ مَا مَلَكَتْ أَيْمَانُهُمْ فَإِنَّهُمْ غَيْرُ مَلُومِينَ ﴿30﴾

31. ਪਰ ਜਿਹੜਾ ਕੋਈ ਇਹਨਾਂ (ਦੋਵਾਂ) ਤੋਂ ਛੁੱਟ ਹੋਰ (ਔਰਤਾਂ) ਚਾਹਵੇ ਉਹੀਓ ਹੱਦਾਂ ਤੋਂ ਟੱਪਣ ਵਾਲੇ ਹਨ।

فَمَنِ ابْتَغَىٰ وَرَاءَ ذَٰلِكَ فَأُولَٰئِكَ هُمُ الْعَادُونَ ﴿31﴾

32. ਅਤੇ ਜਿਹੜੇ ਆਪਣੀ ਅਮਾਨਤਾਂ ਦੀ ਰਾਖੀ ਤੇ ਆਪਣੇ ਵਚਨਾਂ ਦੀ ਪਾਲਣਾ ਕਰਨ ਵਾਲੇ ਹਨ।

وَالَّذِينَ هُمْ لِأَمَانَاتِهِمْ وَعَهْدِهِمْ رَاعُونَ ﴿32﴾

33. ਅਤੇ ਜਿਹੜੇ ਆਪਣੀਆਂ ਗਵਾਹੀਆਂ ਉੱਤੇ ਕਾਇਮ ਰਹਿੰਦੇ ਹਨ।

وَالَّذِينَ هُمْ بِشَهَادَاتِهِمْ قَائِمُونَ ﴿33﴾

34. ਅਤੇ ਜਿਹੜੇ ਆਪਣੀਆਂ ਨਮਾਜ਼ਾਂ ਦੀ ਰਾਖੀ ਕਰਦੇ ਹਨ।[1]

وَالَّذِينَ هُمْ عَلَىٰ صَلَاتِهِمْ يُحَافِظُونَ ﴿34﴾

35. ਉਹੀਓ ਲੋਕ ਬਾਗ਼ਾਂ (ਭਾਵ ਜੰਨਤਾਂ) ਵਿਚ ਆਦਰ-ਮਾਨ ਵਾਲੇ ਹੋਣਗੇ।

أُولَٰئِكَ فِي جَنَّاتٍ مُكْرَمُونَ ﴿35﴾

36. (ਹੇ ਨਬੀ!) ਕਾਫ਼ਿਰਾਂ ਨੂੰ ਕੀ ਹੋ ਗਿਆ ਹੈ ਕਿ ਉਹ ਤੁਹਾਡੇ ਵੱਲ ਨੱਸੇ ਆ ਰਹੇ ਹਨ।

فَمَالِ الَّذِينَ كَفَرُوا قِبَلَكَ مُهْطِعِينَ ﴿36﴾

37. ਸੱਜਿਓਂ ਵੀ ਅਤੇ ਖੱਬਿਓਂ ਵੀ ਟੋਲੇ ਦੇ ਟੋਲੇ (ਆ ਰਹੇ ਹਨ)।

عَنِ الْيَمِينِ وَعَنِ الشِّمَالِ عِزِينَ ﴿37﴾

---

1 ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 238/2

38. ਕੀ ਇਹਨਾਂ ਵਿੱਚੋਂ ਹਰੇਕ ਵਿਅਕਤੀ ਨੂੰ ਇਹ ਲੋਭ ਹੈ ਕਿ ਉਸ ਨੂੰ ਨਿਆਮਤਾਂ ਭਰੀਆਂ ਜੰਨਤਾਂ ਵਿਚ ਦਾਖ਼ਲ ਕੀਤਾ ਜਾਵੇਗਾ।

أَيَطْمَعُ كُلُّ امْرِئٍ مِّنْهُمْ أَن يُدْخَلَ جَنَّةَ نَعِيمٍ ﴿٣٨﴾

39. ਉੱਕਾ ਹੀ ਨਹੀਂ। ਬੇਸ਼ੱਕ ਅਸੀਂ ਉਹਨਾਂ ਨੂੰ ਉਸ ਚੀਜ਼ ਤੋਂ ਸਾਜਿਆ ਹੈ, ਜਿਸ ਨੂੰ ਉਹ ਜਾਣਦੇ ਹਨ।

كَلَّا ۖ إِنَّا خَلَقْنَاهُم مِّمَّا يَعْلَمُونَ ﴿٣٩﴾

40. ਸੋ ਮੈਂ ਪੂਰਬਾਂ ਅਤੇ ਪੱਛਮਾਂ ਦੇ ਮਾਲਿਕ ਦੀ ਸਹੁੰ ਖਾਂਦਾ ਹਾਂ ਕਿ ਅਸੀਂ ਹੀ ਸਮਰਥਾ ਰੱਖਦੇ ਹਾਂ।

فَلَا أُقْسِمُ بِرَبِّ الْمَشْرِقِ وَالْمَغْرِبِ إِنَّا لَقَادِرُونَ ﴿٤٠﴾

41 ਅਸਾਂ ਇਹਨਾਂ ਦੀ ਥਾਂ ਇਹਨਾਂ ਤੋਂ ਵਧੀਆ ਲੋਕਾਂ ਨੂੰ ਲਿਆਈਏ। ਸਾਨੂੰ ਇਸ ਕੰਮ ਤੋਂ ਰੋਕਣ ਵਾਲਾ ਕੋਈ ਨਹੀਂ ਅਤੇ ਨਾ ਹੀ ਸਾਡੇ ਉੱਤੇ ਕੋਈ ਭਾਰੂ ਹੈ।

عَلَىٰ أَن نُّبَدِّلَ خَيْرًا مِّنْهُمْ وَمَا نَحْنُ بِمَسْبُوقِينَ ﴿٤١﴾

42 ਸੋ (ਹੇ ਨਬੀ!) ਤੁਸੀਂ ਉਹਨਾਂ ਦੀ ਚਿੰਤਾ ਕਰਨੀ ਛੱਡ ਦਿਓ, ਉਹ ਗੱਲਾਂ ਬਣਾਉਣ ਤੇ ਖੇਡਣ ਵਿਚ ਰੁੱਝੇ ਰਹਿਣ ਇੱਥੋਂ ਤਕ ਕਿ ਉਹ ਆਪਣੇ ਉਸ ਦਿਨ ਨੂੰ ਪੁੱਜ ਜਾਣ ਜਿਸਦਾ ਇਹਨਾਂ ਨਾਲ ਵਾਅਦਾ ਕੀਤਾ ਗਿਆ ਹੈ।

فَذَرْهُمْ يَخُوضُوا وَيَلْعَبُوا حَتَّىٰ يُلَاقُوا يَوْمَهُمُ الَّذِي يُوعَدُونَ ﴿٤٢﴾

43 ਜਿਸ ਦਿਨ ਉਹ ਕਬਰਾਂ ਵਿੱਚੋਂ ਨਿਕਲ ਕੇ ਨੱਸੇ ਜਾਣਗੇ, ਜਿਵੇਂ ਉਹ ਆਪਣੇ ਅਸਥਾਨਾਂ ਵੱਲ ਨੱਸ ਰਹੇ ਹੋਣ।

يَوْمَ يَخْرُجُونَ مِنَ الْأَجْدَاثِ سِرَاعًا كَأَنَّهُمْ إِلَىٰ نُصُبٍ يُوفِضُونَ ﴿٤٣﴾

44. ਉਹਨਾਂ ਦੀਆਂ ਨਜ਼ਰਾਂ ਨੀਵੀਆਂ ਹੋਣਗੀਆਂ ਤੇ ਉਹਨਾਂ 'ਤੇ ਹੀਣਤਾ ਛਾ ਰਹੀ ਹੋਵੇਗੀ, ਇਹੋ ਉਹ ਦਿਨ ਹੈ ਜਿਸ ਦਾ ਉਹਨਾਂ ਨਾਲ ਵਾਅਦਾ ਕੀਤਾ ਗਿਆ ਹੈ।

خَاشِعَةً أَبْصَارُهُمْ تَرْهَقُهُمْ ذِلَّةٌ ۚ ذَٰلِكَ الْيَوْمُ الَّذِي كَانُوا يُوعَدُونَ ﴿٤٤﴾

71. ਸੂਰਤ ਨੂਹ (ਮੱਕੀ-71)

سُوْرَةُ نُوْحٍ

(ਆਇਤਾਂ 28, ਰੁਕੂਅ 2)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਬੇਸ਼ੱਕ ਅਸੀਂ ਨੂਹ ਨੂੰ ਉਸ ਦੀ ਕੌਮ ਵੱਲ ਘੱਲਿਆ ਕਿ ਉਹ ਆਪਣੀ ਕੌਮ ਨੂੰ ਡਰਾਵੇ ਇਸ ਤੋਂ ਪਹਿਲਾਂ ਕਿ ਉਹਨਾਂ ਨੂੰ ਦਰਦਨਾਕ ਅਜ਼ਾਬ ਆ ਨੱਪੇ।

اِنَّآ اَرْسَلْنَا نُوْحًا اِلٰى قَوْمِهٖٓ اَنْ اَنْذِرْ قَوْمَكَ
مِنْ قَبْلِ اَنْ يَّاْتِيَهُمْ عَذَابٌ اَلِيْمٌ (1)

2. ਉਸ (ਨੂਹ) ਨੇ ਆਖਿਆ ਕਿ ਹੇ ਮੇਰੀ ਕੌਮ! ਮੈਂ ਤੁਹਾਨੂੰ ਸਪਸ਼ਟ ਰੂਪ ਵਿਚ ਡਰਾਉਣ ਵਾਲਾ (ਪੈਗ਼ੰਬਰ) ਹਾਂ।

قَالَ يٰقَوْمِ اِنِّيْ لَكُمْ نَذِيْرٌ مُّبِيْنٌ (2)

3. ਤੁਸੀਂ ਅੱਲਾਹ ਦੀ ਬੰਦਗੀ ਕਰੋ, ਉਸੇ ਤੋਂ ਡਰੋ ਅਤੇ ਮੇਰੀ ਆਗਿਆਕਾਰੀ ਕਰੋ।

اَنِ اعْبُدُوا اللّٰهَ وَاتَّقُوْهُ وَاَطِيْعُوْنِ (3)

4. ਫੇਰ ਉਹ ਤੁਹਾਡੇ ਗੁਨਾਹਾਂ ਨੂੰ ਬਖ਼ਸ਼ ਦੇਵੇਗਾ ਅਤੇ ਤੁਹਾਨੂੰ ਇਕ ਨਿਸ਼ਚਿਤ ਸਮੇਂ ਲਈ ਮੋਹਲਤ ਦੇਵੇਗਾ। ਬੇਸ਼ੱਕ ਜਦੋਂ ਅੱਲਾਹ ਦਾ ਨਿਯਤ ਕੀਤਾ ਹੋਇਆ ਸਮਾਂ ਆ ਜਾਵੇ ਤਾਂ ਉਹ ਟਲਦਾ ਨਹੀਂ। ਕਾਸ਼! ਤੁਹਾਨੂੰ ਇਸ ਦਾ ਗਿਆਨ ਹੋਵੇ।

يَغْفِرْ لَكُمْ مِّنْ ذُنُوْبِكُمْ وَيُؤَخِّرْكُمْ اِلٰٓى اَجَلٍ
مُّسَمًّى ۭ اِنَّ اَجَلَ اللّٰهِ اِذَا جَاۗءَ لَا يُؤَخَّرُ ۘ
لَوْ كُنْتُمْ تَعْلَمُوْنَ (4)

5. ਉਸ (ਨੂਹ) ਨੇ ਆਖਿਆ ਕਿ ਹੇ ਮੇਰੇ ਰੱਬਾ! ਬੇਸ਼ੱਕ ਮੈਂ ਆਪਣੀ ਕੌਮ ਨੂੰ ਰਾਤ ਦਿਨ (ਤੇਰੇ ਵੱਲ) ਸੱਦਿਆ।

قَالَ رَبِّ اِنِّيْ دَعَوْتُ قَوْمِيْ لَيْلًا وَّنَهَارًا (5)

6. ਪਰ ਮੇਰੇ ਇਸ ਸੱਦੇ ਨੇ ਉਹਨਾਂ ਦੇ (ਹੱਕ ਸੱਚ ਤੋਂ) ਫ਼ਰਾਰ ਹੋਣ ਵਿਚ ਵਾਧਾ ਹੀ ਕੀਤਾ ਹੈ।

فَلَمْ يَزِدْهُمْ دُعَاۗءِيْٓ اِلَّا فِرَارًا (6)

7. ਮੈਂਨੇ ਜਦੋਂ ਵੀ ਉਹਨਾਂ ਨੂੰ ਸੱਦਿਆ ਤਾਂ ਜੋ ਤੂੰ ਉਹਨਾਂ ਨੂੰ ਬਖ਼ਸ਼ ਦੇਵੇਂ ਤਾਂ ਉਹਨਾਂ ਨੇ ਆਪਣੀਆਂ ਉਂਗਲੀਆਂ ਆਪਣੇ ਕੰਨਾਂ ਵਿਚ ਪਾ ਲਈਆਂ ਅਤੇ ਆਪਣੇ ਆਪ ਨੂੰ ਕੱਪੜਿਆਂ ਨਾਲ ਢੱਕ ਲਿਆ ਅਤੇ ਹਟਧਰਮੀ 'ਤੇ ਅੜੇ ਰਹੇ ਅਤੇ ਘਮੰਡ ਵਿਚ ਹੱਦੋਂ ਟਪ ਗਏ।

وَاِنِّيْ كُلَّمَا دَعَوْتُهُمْ لِتَغْفِرَ لَهُمْ جَعَلُوْٓا اَصَابِعَهُمْ
فِيْٓ اٰذَانِهِمْ وَاسْتَغْشَوْا ثِيَابَهُمْ وَاَصَرُّوْا وَاسْتَكْبَرُوا
اسْتِكْبَارًا (7)

8. ਮੈਂਨੇ ਉਹਨਾਂ ਨੂੰ ਖੁੱਲ੍ਹਮ-ਖੁੱਲ੍ਹਾ (ਤੇਰੇ ਵੱਲ ਆਉਣ ਲਈ) ਸੱਦਿਆ ਸੀ।	ثُمَّ إِنِّي دَعَوْتُهُمْ جِهَارًا 8
9 ਮੈਨੇ ਉਹਨਾਂ ਨੂੰ ਸਪਸ਼ਟ ਰੂਪ ਵਿਚ ਵੀ ਤੇ ਗੁਪਤ ਰੂਪ ਵਿਚ ਵੀ ਸਮਝਾਇਆ।	ثُمَّ إِنِّي أَعْلَنتُ لَهُمْ وَأَسْرَرْتُ لَهُمْ إِسْرَارًا 9
10. ਸੋ ਮੈਨੇ ਕਿਹਾ ਕਿ ਤੁਸੀਂ ਆਪਣੇ ਰੱਬ ਤੋਂ ਖਿਮਾ ਮੰਗੋ। ਬੇਸ਼ੱਕ ਉਹੀਓ ਬਖ਼ਸ਼ਣਹਾਰ ਹੈ।	فَقُلْتُ اسْتَغْفِرُوا رَبَّكُمْ إِنَّهُ كَانَ غَفَّارًا 10
11. ਉਹ ਤੁਹਾਡੇ ਉੱਤੇ ਅਕਾਸ਼ ਤੋਂ ਮੂਸਲਾਧਾਰ ਮੀਂਹ ਬਰਸਾਏਗਾ।	يُرْسِلِ السَّمَاءَ عَلَيْكُم مِّدْرَارًا 11
12 ਉਹ ਤੁਹਾਨੂੰ ਮਾਲ ਤੇ ਔਲਾਦ ਨਾਲ ਨਿਵਾਜ਼ੇਗਾ ਅਤੇ ਤੁਹਾਡੇ ਲਈ ਬਾਗ਼ ਪੈਦਾ ਕਰੇਗਾ ਅਤੇ ਨਹਿਰਾਂ ਵੀ ਜਾਰੀ ਕਰੇਗਾ।	وَيُمْدِدْكُم بِأَمْوَالٍ وَبَنِينَ وَيَجْعَل لَّكُمْ جَنَّاتٍ وَيَجْعَل لَّكُمْ أَنْهَارًا 12
13. ਤੁਹਾਨੂੰ ਕੀ ਹੋ ਗਿਆ ਹੈ ਕਿ ਤੁਸੀਂ ਅੱਲਾਹ ਲਈ ਕਿਸੇ ਗੌਰਵ (ਤੇ ਵਡਿਆਈ) ਦੀ ਆਸ ਨਹੀਂ ਰੱਖਦੇ।	مَّا لَكُمْ لَا تَرْجُونَ لِلَّهِ وَقَارًا 13
14 ਜਦ ਕਿ ਉਸ ਨੇ ਤੁਹਾਨੂੰ ਤਰ੍ਹਾਂ-ਤਰ੍ਹਾਂ ਨਾਲ ਸਾਜਿਆ ਹੈ।	وَقَدْ خَلَقَكُمْ أَطْوَارًا (14)
15 ਕੀ ਤੁਸੀਂ ਵੇਖਿਆ ਨਹੀਂ ਕਿ ਅੱਲਾਹ ਨੇ ਸੱਤ ਅਕਾਸ਼ ਉੱਪਰ ਥੱਲੇ ਕਿਵੇਂ ਸਾਜੇ ਹਨ।	أَلَمْ تَرَوْا كَيْفَ خَلَقَ اللَّهُ سَبْعَ سَمَاوَاتٍ طِبَاقًا 15
16 ਅਤੇ ਉਸੇ ਨੇ ਉਹਨਾਂ ਵਿਚ ਚੰਨ ਨੂੰ ਚਾਨਣ ਅਤੇ ਸੂਰਜ ਨੂੰ ਚਿਰਾਗ਼ ਬਣਾਇਆ ਹੈ।	وَجَعَلَ الْقَمَرَ فِيهِنَّ نُورًا وَجَعَلَ الشَّمْسَ سِرَاجًا 16
17 ਅਤੇ ਅੱਲਾਹ ਨੇ ਤੁਹਾਨੂੰ ਧਰਤੀਓਂ (ਅਦਭੁਤ ਰੂਪ ਨਾਲ) ਉਗਾਇਆ ਹੈ।	وَاللَّهُ أَنبَتَكُم مِّنَ الْأَرْضِ نَبَاتًا 17
18 ਫੇਰ ਉਹ ਤੁਹਾਨੂੰ ਇਸੇ ਧਰਤੀ ਵਿਚ ਮੋੜ ਲਿਆਵੇਗਾ ਅਤੇ ਉਹ ਤੁਹਾਨੂੰ ਇਸੇ ਵਿੱਚੋਂ ਮੁੜ ਕੱਢੇਗਾ।	ثُمَّ يُعِيدُكُمْ فِيهَا وَيُخْرِجُكُمْ إِخْرَاجًا 18
19 ਅੱਲਾਹ ਨੇ ਤੁਹਾਡੇ ਲਈ ਧਰਤੀ ਨੂੰ ਵਿਛੌਣੇ ਵਾਂਗ ਵਿਛਾ ਦਿੱਤਾ ਹੈ।	وَاللَّهُ جَعَلَ لَكُمُ الْأَرْضَ بِسَاطًا 19

20. (ਹੇ ਨਬੀ !) ਤਾਂ ਜੋ ਤੁਸੀਂ ਇਸ ਦੀਆਂ ਖੁੱਲ੍ਹੀਆਂ ਰਾਹਾਂ 'ਤੇ ਤੁਰੋ ਫਿਰੋ।

لِّتَسْلُكُوا مِنْهَا سُبُلًا فِجَاجًا 20

21. ਨੂਹ ਨੇ ਕਿਹਾ, ਹੇ ਮੇਰੇ ਰੱਬਾ! ਬੇਸ਼ੱਕ ਉਹਨਾਂ ਨੇ ਮੇਰੀ ਨਾ-ਫ਼ਰਮਾਨੀ ਕੀਤੀ ਅਤੇ ਉਹਨਾਂ ਦੇ ਪਿੱਛੇ ਲੱਗੇ ਜਿਨ੍ਹਾਂ ਨੂੰ ਉਹਨਾਂ ਦੇ ਮਾਲ ਤੇ ਔਲਾਦ ਨੇ ਵਧੇਰੇ ਘਾਟੇ ਵਿਚ ਹੀ ਰੱਖਿਆ ਹੈ।

قَالَ نُوحٌ رَّبِّ إِنَّهُمْ عَصَوْنِي وَاتَّبَعُوا مَن لَّمْ يَزِدْهُ مَالُهُ وَوَلَدُهُ إِلَّا خَسَارًا 21

22 ਉਹਨਾਂ ਨੇ ਵੱਡੀਆਂ ਵੱਡੀਆਂ ਚਾਲਾਂ ਚੱਲੀਆਂ।

وَمَكَرُوا مَكْرًا كُبَّارًا 22

23 ਉਹਨਾਂ ਨੇ ਆਖਿਆ, ਤੁਸੀਂ ਆਪਣੇ ਇਸ਼ਟਾਂ ਨੂੰ ਨਾ ਛੱਡੋ ਅਤੇ ਨਾ ਤੁਸੀਂ 'ਵੱਦ' ਨੂੰ, ਨਾ 'ਸੁਆ' ਨੂੰ, ਨਾ 'ਯਊਸ' ਨੂੰ, ਨਾ ਯਊਕ ਨੂੰ ਅਤੇ ਨਾ ਹੀ 'ਨਸਰ' (ਨਾਂ ਦੀ ਦੇਵੀਆਂ ਦੀ ਪੂਜਾ) ਨੂੰ ਛੱਡੋ।

وَقَالُوا لَا تَذَرُنَّ آلِهَتَكُمْ وَلَا تَذَرُنَّ وَدًّا وَلَا سُوَاعًا وَلَا يَغُوثَ وَيَعُوقَ وَنَسْرًا 23

24 ਉਹਨਾਂ ਨੇ ਵਧੇਰੇ ਲੋਕਾਂ ਨੂੰ ਗੁਮਰਾਹ ਕੀਤਾ, ਸੋ ਹੇ ਅੱਲਾਹ! ਤੂੰ ਜ਼ਾਲਮਾਂ ਦੀ ਗੁਮਰਾਹੀ ਵਿਚ ਵਾਧਾ ਕਰ।

وَقَدْ أَضَلُّوا كَثِيرًا ۖ وَلَا تَزِدِ الظَّالِمِينَ إِلَّا ضَلَالًا 24

25. ਉਹ ਆਪਣੇ ਅਪਰਾਧਾਂ ਕਾਰਨ ਡੋਬ ਦਿੱਤੇ ਗਏ ਅਤੇ ਨਰਕ ਵਿਚ ਦਾਖ਼ਲ ਕਰ ਦਿੱਤੇ ਗਏ, ਫੇਰ ਉਹਨਾਂ ਨੂੰ ਛੁੱਟ ਅੱਲਾਹ ਤੋਂ ਹੋਰ ਕੋਈ ਸਹਾਈ ਨਹੀਂ ਲੱਭਿਆ।

مِّمَّا خَطِيئَاتِهِمْ أُغْرِقُوا فَأُدْخِلُوا نَارًا فَلَمْ يَجِدُوا لَهُم مِّن دُونِ اللَّهِ أَنصَارًا 25

26 ਅਤੇ ਨੂਹ ਨੇ ਕਿਹਾ ਕਿ ਹੇ ਮੇਰੇ ਰੱਬਾ! ਧਰਤੀ ਉੱਤੇ ਵੱਸਣ ਵਾਲੇ ਕਿਸੇ ਵੀ ਕਾਫ਼ਿਰ ਨੂੰ ਨਾ ਛੱਡੀਂ।

وَقَالَ نُوحٌ رَّبِّ لَا تَذَرْ عَلَى الْأَرْضِ مِنَ الْكَافِرِينَ دَيَّارًا 26

27 ਜੇ ਤੂੰ ਉਹਨਾਂ ਨੂੰ ਛੱਡ ਦਿੱਤਾ ਤਾਂ ਉਹ ਤੇਰੇ ਬੰਦਿਆਂ ਨੂੰ ਕੁਰਾਹੇ ਪਾ ਦੇਣਗੇ ਅਤੇ (ਅੱਗੇ ਨੂੰ ਵੀ) ਕਾਫ਼ਿਰ ਹੀ ਪੈਦਾ ਹੋਣਗੇ।

إِنَّكَ إِن تَذَرْهُمْ يُضِلُّوا عِبَادَكَ وَلَا يَلِدُوا إِلَّا فَاجِرًا كَفَّارًا 27

28 ਹੇ ਮੇਰੇ ਰੱਬਾ! ਤੂੰ ਮੇਰੀ ਅਤੇ ਮੇਰੇ ਮਾਪਿਆਂ ਦੀ ਬਖ਼ਸ਼ਿਸ਼ ਫ਼ਰਮਾ ਅਤੇ ਹਰ ਉਸ ਵਿਅਕਤੀ ਦੀ ਜਿਹੜਾ ਮੇਰੇ ਘਰ ਵਿਚ ਈਮਾਨ ਵਾਲਾ ਬਣਕੇ ਦਾਖ਼ਲ ਹੋਵੇ ਅਤੇ ਮੋਮਿਨ ਪੁਰਸ਼ ਤੇ ਮੋਮਿਨ ਇਸਤਰੀਆਂ ਦੀ ਵੀ (ਬਖ਼ਸ਼ਿਸ਼ ਫ਼ਰਮਾ) ਅਤੇ ਜ਼ਾਲਮਾਂ ਦੀ ਬਰਬਾਦੀ ਤੇ ਹਲਾਕਤ ਵਿਚ ਵਾਧਾ ਕਰ।

رَّبِّ اغْفِرْ لِي وَلِوَالِدَيَّ وَلِمَن دَخَلَ بَيْتِيَ مُؤْمِنًا وَلِلْمُؤْمِنِينَ وَالْمُؤْمِنَاتِ وَلَا تَزِدِ الظَّالِمِينَ إِلَّا تَبَارًا 28

72. ਸੂਰਤ ਅਲ-ਜਿੰਨ (ਮੱਕੀ-40)

سُورَةُ الْجِنِّ

(ਆਇਤਾਂ 28, ਰੁਕੂਅ 2)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. (ਹੇ ਨਬੀ!) ਆਖ ਦਿਓ ਕਿ ਮੇਰੇ ਵੱਲ ਵਹੀ (ਰੱਬ ਸੁਨੇਹਾ) ਘੱਲੀ ਗਈ ਹੈ ਕਿ ਜਿੰਨਾਂ ਦੀ ਇਕ ਟੋਲੀ ਨੇ (ਕੁਰਆਨ) ਧਿਆਨ ਨਾਲ ਸੁਣਿਆ ਤੇ ਫੇਰ (ਆਪਣੀ ਕੌਮ ਨੂੰ ਜਾ ਕੇ) ਆਖਿਆ ਕਿ ਬੇਸ਼ੱਕ ਅਸੀਂ ਇਕ ਅਚਰਜਮਈ ਕੁਰਆਨ ਸੁਣਿਆ ਹੈ।

قُلْ أُوحِيَ إِلَيَّ أَنَّهُ اسْتَمَعَ نَفَرٌ مِّنَ الْجِنِّ فَقَالُوا إِنَّا سَمِعْنَا قُرْآنًا عَجَبًا ﴿١﴾

2. ਜੋ ਸਿੱਧੀ ਤੇ ਹਿਦਾਇਤ ਵਾਲੀ ਰਾਹ ਦਰਸਾਉਂਦਾ ਹੈ। ਸੋ ਅਸੀਂ ਉਸ 'ਤੇ ਈਮਾਨ ਲਿਆਏ ਹਾਂ ਅਤੇ ਹੁਣ ਅਸੀਂ ਕਿਸੇ ਨੂੰ ਵੀ ਰੱਬ ਦਾ ਸ਼ਰੀਕ ਨਹੀਂ ਠਹਿਰਾਵਾਂਗੇ।

يَهْدِي إِلَى الرُّشْدِ فَآمَنَّا بِهِ ۖ وَلَن نُّشْرِكَ بِرَبِّنَا أَحَدًا ﴿٢﴾

3. ਅਤੇ ਇਹ ਵੀ ਕਿਹਾ ਕਿ ਸਾਡੇ ਰੱਬ ਦੀ ਸ਼ਾਨ ਵੱਡੀ ਉੱਚੀ ਹੈ। ਉਸ ਨੇ ਕਿਸੇ ਨੂੰ ਆਪਣੀ ਪਤਨੀ ਜਾਂ ਪੁੱਤਰ ਨਹੀਂ ਬਣਾਇਆ।[1]

وَأَنَّهُ تَعَالَىٰ جَدُّ رَبِّنَا مَا اتَّخَذَ صَاحِبَةً وَلَا وَلَدًا ﴿٣﴾

4. ਅਤੇ ਕਿਹਾ ਕਿ ਸਾਡੇ ਮੂਰਖ ਸਾਥੀ ਅੱਲਾਹ ਦੇ ਬਾਰੇ ਝੂਠੀਆਂ ਗੱਲਾਂ ਆਖਦੇ ਰਹੇ ਹਨ।

وَأَنَّهُ كَانَ يَقُولُ سَفِيهُنَا عَلَى اللَّهِ شَطَطًا ﴿٤﴾

5. ਜਦ ਕਿ ਅਸੀਂ ਇਹ ਸਮਝਦੇ ਸੀ ਕਿ ਮਨੁੱਖ ਤੇ ਜਿੰਨ ਕਦੇ ਵੀ ਅੱਲਾਹ ਬਾਰੇ ਝੂਠ ਨਹੀਂ ਬੋਲਣਗੇ।[2]

وَأَنَّا ظَنَنَّا أَن لَّن تَقُولَ الْإِنسُ وَالْجِنُّ عَلَى اللَّهِ كَذِبًا ﴿٥﴾

6. ਬੇਸ਼ੱਕ ਮਨੁੱਖਾਂ ਵਿੱਚੋਂ ਕੁੱਝ ਲੋਕ ਜਿੰਨਾਂ ਵਿੱਚੋਂ ਕੁੱਝ ਲੋਕਾਂ ਦੀ ਸ਼ਰਨ ਮੰਗਿਆ ਕਰਦੇ ਸਨ। ਇਸ ਤਰ੍ਹਾਂ ਉਹਨਾਂ ਨੇ ਉਹਨਾਂ (ਜਿੰਨਾਂ) ਦੀ ਸਰਕਸ਼ੀ (ਹੰਕਾਰ) ਵਿਚ ਹੋਰ ਵੀ ਵਾਧਾ ਕਰ ਦਿੱਤਾ।

وَأَنَّهُ كَانَ رِجَالٌ مِّنَ الْإِنسِ يَعُوذُونَ بِرِجَالٍ مِّنَ الْجِنِّ فَزَادُوهُمْ رَهَقًا ﴿٦﴾

---

[1] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 116/2

[2] ਜਿਵੇਂ ਮਨੁੱਖ ਨੂੰ ਮਿੱਟੀ ਤੋਂ, ਫ਼ਰਿਸ਼ਤਿਆਂ ਨੂੰ ਨੂਰ ਤੋਂ ਪੈਦਾ ਕੀਤਾ ਗਿਆ ਹੈ ਓਵੇਂ ਹੀ ਜਿੰਨ ਵੀ ਅੱਲਾਹ ਦੀ ਰਚਨਾ ਹੈ ਜਿਹੜੀ ਅੱਗ ਤੋਂ ਸਾਜੀ ਗਈ ਹੈ।

وَأَنَّهُمْ ظَنُّوا كَمَا ظَنَنتُمْ أَن لَّن يَبْعَثَ اللَّهُ أَحَدًا ﴿٧﴾

7. ਅਤੇ ਉਹਨਾਂ (ਮਨੁੱਖਾਂ) ਨੇ ਵੀ ਇਹੋ ਵਿਚਾਰ ਕੀਤਾ ਸੀ ਕਿ ਜਿਵੇਂ ਤੁਸੀਂ (ਜਿੰਨਾ ਨੇ) ਸੋਚਿਆ ਸੀ ਕਿ ਅੱਲਾਹ ਕਿਸੇ ਨੂੰ ਵੀ ਮੁੜ (ਕਬਰਾਂ 'ਚੋਂ) ਨਹੀਂ ਉਠਾਵੇਗਾ (ਤੇ ਨਾ ਹੀ ਰਸੂਲ ਭੇਜੇਗਾ)।

وَأَنَّا لَمَسْنَا السَّمَاءَ فَوَجَدْنَاهَا مُلِئَتْ حَرَسًا شَدِيدًا وَشُهُبًا ﴿٨﴾

8 ਅਤੇ ਇਹ ਕਿ ਅਸੀਂ ਅਕਾਸ਼ ਨੂੰ ਟਟੋਲਿਆ ਤਾਂ ਉਸ ਨੂੰ ਕਰੜੇ ਪਹਿਰੇਦਾਰਾਂ ਨਾਲ ਅਤੇ ਅੰਗਿਆਰਾਂ ਨਾਲ ਭਰਿਆ ਹੋਇਆ।

وَأَنَّا كُنَّا نَقْعُدُ مِنْهَا مَقَاعِدَ لِلسَّمْعِ ۖ فَمَن يَسْتَمِعِ الْآنَ يَجِدْ لَهُ شِهَابًا رَّصَدًا ﴿٩﴾

9 ਅਤੇ ਅਸੀਂ ਅਕਾਸ਼ ਦੇ ਟਿਕਾਣਿਆਂ ਵਿਚ ਸੁਣ-ਗੁਣ ਲੈਣ ਲਈ ਬੈਠਿਆ ਕਰਦੇ ਸਨ, ਸੋ ਹੁਣ ਜਿਹੜਾ ਵੀ ਸੁਣਨ ਦੀ ਕੋਸ਼ਿਸ਼ ਕਰਦਾ ਹੈ ਤਾਂ ਇਕ ਅੰਗਿਆਰ ਨੂੰ ਆਪਣੀ ਘਾਤ ਵਿਚ ਲੱਗਾ ਵੇਖਦਾ ਹੈ।

وَأَنَّا لَا نَدْرِي أَشَرٌّ أُرِيدَ بِمَن فِي الْأَرْضِ أَمْ أَرَادَ بِهِمْ رَبُّهُمْ رَشَدًا ﴿١٠﴾

10. ਅਤੇ ਇਹ ਕਿ ਅਸੀਂ ਨਹੀਂ ਜਾਣਦੇ ਕਿ ਕੀ ਉਹਨਾਂ ਦੇ ਰੱਬ ਨੇ ਧਰਤੀ ਵਾਲਿਆਂ ਲਈ ਭੈੜੇ ਵਿਹਾਰ ਕਰਨ ਦਾ ਇਰਾਦਾ ਕੀਤਾ ਹੈ ਜਾਂ ਉਹਨਾਂ ਲਈ ਭਲਾਈ ਦਾ ਇਰਾਦਾ ਕੀਤਾ ਹੈ?

وَأَنَّا مِنَّا الصَّالِحُونَ وَمِنَّا دُونَ ذَٰلِكَ ۖ كُنَّا طَرَائِقَ قِدَدًا ﴿١١﴾

11. ਅਤੇ ਇਹ ਕਿ ਸਾਡੇ ਵਿੱਚੋਂ ਨੇਕ ਵੀ ਹਨ ਅਤੇ ਕੁੱਝ ਲੋਕ ਇਸ ਤੋਂ ਹੇਠਾਂ (ਭਾਵ ਬੁਰੇ) ਵੀ ਹਨ, ਅਸੀਂ ਵੱਖੋ-ਵੱਖ ਰਾਹਾਂ (ਧਰਮਾਂ) ਵਿਚ ਵੰਡੇ ਹੋਏ ਹਾਂ।

وَأَنَّا ظَنَنَّا أَن لَّن نُّعْجِزَ اللَّهَ فِي الْأَرْضِ وَلَن نُّعْجِزَهُ هَرَبًا ﴿١٢﴾

12. ਅਤੇ ਸਾਨੂੰ ਵਿਸ਼ਵਾਸ ਹੋ ਚੁੱਕਿਆ ਸੀ ਕਿ ਅਸੀਂ ਅੱਲਾਹ ਨੂੰ ਧਰਤੀ ਉੱਤੇ ਬੇਵਸ ਨਹੀਂ ਕਰ ਸਕਦੇ ਅਤੇ ਨਾ ਹੀ ਨੱਸ ਕੇ ਉਸ ਨੂੰ ਬੇਵਸ ਕਰ ਸਕਦੇ ਹਾਂ।

وَأَنَّا لَمَّا سَمِعْنَا الْهُدَىٰ آمَنَّا بِهِ ۖ فَمَن يُؤْمِن بِرَبِّهِ فَلَا يَخَافُ بَخْسًا وَلَا رَهَقًا ﴿١٣﴾

13. ਅਤੇ ਇਹ ਕਿ ਜਦੋਂ ਅਸੀਂ ਹਿਦਾਇਤ ਵਾਲੀ ਗੱਲ ਸੁਣੀ ਤਾਂ ਉਸ 'ਤੇ ਈਮਾਨ ਲਿਆਏ। ਜਿਹੜਾ ਕੋਈ ਆਪਣੇ ਰੱਬ 'ਤੇ ਈਮਾਨ ਲਿਆਇਆ, ਫੇਰ ਨਾ ਤਾਂ ਉਸ ਨੂੰ ਕਿਸੇ ਪ੍ਰਕਾਰ ਦੀ ਹਾਨੀ ਹੋਣ ਦਾ ਡਰ ਹੋਵੇਗਾ ਅਤੇ ਨਾ ਹੀ ਕਿਸੇ ਵਧੀਕੀ ਦਾ।

وَأَنَّا مِنَّا الْمُسْلِمُونَ وَمِنَّا الْقَاسِطُونَ ۖ فَمَنْ أَسْلَمَ فَأُولَٰئِكَ تَحَرَّوْا رَشَدًا ﴿١٤﴾

14 ਅਤੇ ਇਹ ਕਿ ਸਾਡੇ ਵਿਚ ਕੁਝ ਮੁਸਲਮਾਨ (ਆਗਿਆਕਾਰੀ) ਵੀ ਹਨ ਅਤੇ ਕੁਝ ਜ਼ਾਲਮ (ਇਨਕਾਰੀ) ਵੀ ਹਨ। ਫੇਰ ਜਿਹੜਾ ਕੋਈ ਇਸਲਾਮ ਇਖ਼ਤਿਆਰ ਕਰੇਗਾ ਤਾਂ ਉਸ ਨੇ ਹਿਦਾਇਤ ਵਾਲੀ ਰਾਹ ਲੱਭ ਲਈ।

وَأَمَّا الْقَاسِطُونَ فَكَانُوا لِجَهَنَّمَ حَطَبًا ﴿١٥﴾

15. ਪਰ ਜਿਹੜੇ ਜ਼ਾਲਮ ਹਨ ਉਹ ਨਰਕ ਦੀ ਅੱਗ ਦਾ ਬਾਲਣ ਬਣਨਗੇ।

وَأَلَّوِ اسْتَقَامُوا عَلَى الطَّرِيقَةِ لَأَسْقَيْنَاهُمْ مَاءً غَدَقًا ﴿١٦﴾

16 (ਹੇ ਨਬੀ! ਆਖ ਦਿਓ ਕਿ) ਮੇਰੇ ਉੱਤੇ ਵਹੀ ਕੀਤੀ ਗਈ ਹੈ ਕਿ ਜੇ ਲੋਕ ਸਿੱਧੀ ਰਾਹ ਉੱਤੇ ਕਾਇਮ ਰਹਿੰਦੇ ਤਾਂ ਅਸੀਂ ਉਹਨਾਂ ਨੂੰ ਚੰਗੀ ਤਰ੍ਹਾਂ ਰਜਾ ਦਿੰਦੇ।

لِنَفْتِنَهُمْ فِيهِ ۚ وَمَنْ يُعْرِضْ عَنْ ذِكْرِ رَبِّهِ يَسْلُكْهُ عَذَابًا صَعَدًا ﴿١٧﴾

17 ਫੇਰ ਅਸੀਂ ਉਹਨਾਂ ਨੂੰ ਅਜ਼ਮਾਉਂਦੇ ਅਤੇ ਜਿਹੜਾ ਕੋਈ ਆਪਣੇ ਰੱਬ ਦੀ ਯਾਦ ਤੋਂ ਮੂੰਹ ਮੋੜੇਗਾ ਤਾਂ ਉਹ (ਅੱਲਾਹ) ਉਸ ਨੂੰ ਘਟਦੇ ਵਧਦੇ ਅਜ਼ਾਬ ਵਿਚ ਫਸਾ ਦੇਵੇਗਾ।

وَأَنَّ الْمَسَاجِدَ لِلَّهِ فَلَا تَدْعُوا مَعَ اللَّهِ أَحَدًا ﴿١٨﴾

18. ਅਤੇ ਇਹ ਵੀ ਕਿ ਮਸੀਤਾਂ ਕੇਵਲ ਅੱਲਾਹ ਲਈ ਹਨ, ਸੋ ਤੁਸੀਂ ਉਹਨਾਂ ਵਿਚ ਅੱਲਾਹ ਦੇ ਨਾਲ ਕਿਸੇ ਹੋਰ ਨੂੰ ਨਾ ਪੁਕਾਰੋ।[1]

وَأَنَّهُ لَمَّا قَامَ عَبْدُ اللَّهِ يَدْعُوهُ كَادُوا يَكُونُونَ عَلَيْهِ لِبَدًا ﴿١٩﴾

19. ਅਤੇ ਇਹ ਕਿ ਜਦੋਂ ਅੱਲਾਹ ਦਾ ਬੰਦਾ (ਮੁਹੰਮਦ) ਅੱਲਾਹ ਨੂੰ ਪੁਕਾਰਨ ਲਈ ਖੜ੍ਹਾ ਹੋਇਆ ਤਾਂ ਨੇੜੇ ਸੀ ਕਿ ਲੋਕੀ (ਕਾਫ਼ਿਰ) ਉਸ ਉੱਤੇ ਟੁੱਟ ਪੈਂਦੇ।

قُلْ إِنَّمَا أَدْعُو رَبِّي وَلَا أُشْرِكُ بِهِ أَحَدًا ﴿٢٠﴾

20. (ਹੇ ਨਬੀ!) ਆਖ ਦਿਓ। ਕਿ ਬੇਸ਼ੱਕ ਮੈਂ ਆਪਣੇ ਰੱਬ ਨੂੰ ਹੀ ਪੁਕਾਰਦਾ ਹਾਂ ਅਤੇ ਉਸ ਦੇ ਨਾਲ ਕਿਸੇ ਹੋਰ ਨੂੰ ਸਾਂਝੀ ਨਹੀਂ ਬਣਾਉਂਦਾ।

قُلْ إِنِّي لَا أَمْلِكُ لَكُمْ ضَرًّا وَلَا رَشَدًا ﴿٢١﴾

21. (ਅਤੇ ਕਿਹਾ) ਆਖ ਦਿਓ। ਨਿਰਸੰਦੇਹ, ਮੈਂ ਤੁਹਾਡੇ ਲਈ ਨਾ ਕਿਸੇ ਪ੍ਰਕਾਰ ਦੀ ਹਾਨੀ ਦਾ ਤੇ ਨਾ ਹੀ ਕਿਸੇ ਲਾਭ ਦਾ ਅਧਿਕਾਰ ਰੱਖਦਾ ਹਾਂ।

---

1 ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 165/2

22. ਆਖ ਦਿਓ। ਮੈਨੂੰ ਅੱਲਾਹ ਦੇ ਅਜ਼ਾਬ ਤੋਂ ਕੋਈ ਬਚਾਵੇਗਾ ਨਹੀਂ ਅਤੇ ਨਾ ਹੀ ਉਸ ਤੋਂ ਛੁੱਟ ਕੋਈ ਸ਼ਰਨ ਅਸਥਾਨ ਮਿਲ ਸਕਦਾ ਹੈ।

قُلْ إِنِّي لَن يُجِيرَنِي مِنَ اللَّهِ أَحَدٌ وَلَنْ أَجِدَ مِن دُونِهِ مُلْتَحَدًا ﴿٢٢﴾

23. (ਆਖ ਦਿਓ।)ਅੱਲਾਹ ਦਾ ਹੁਕਮ ਅਤੇ ਉਸ ਦਾ ਸੁਨੇਹਾ ਪਹੁੰਚਾਉਣ ਤੋਂ ਛੁੱਟ ਮੇਰਾ ਕੁੱਝ ਵੀ ਅਧਿਕਾਰ ਨਹੀਂ ਅਤੇ ਜਿਹੜਾ ਅੱਲਾਹ ਅਤੇ ਉਸ ਦੇ ਰਸੂਲ ਦੀ ਨਾ-ਫ਼ਰਮਾਨੀ ਕਰੇਗਾ ਤਾਂ ਬੇਸ਼ੱਕ ਉਸ ਲਈ ਨਰਕ ਦੀ ਅੱਗ ਹੈ, ਉਹ ਉਸ ਵਿਚ ਸਦਾ ਲਈ ਰਹਿਣਗੇ।[1]

إِلَّا بَلَاغًا مِّنَ اللَّهِ وَرِسَالَاتِهِ ۚ وَمَن يَعْصِ اللَّهَ وَرَسُولَهُ فَإِنَّ لَهُ نَارَ جَهَنَّمَ خَالِدِينَ فِيهَا أَبَدًا ﴿٢٣﴾

24. ਇੱਥੋਂ ਤਕ ਕਿ ਜਦੋਂ ਉਹ ਉਸ ਅਜ਼ਾਬ ਨੂੰ ਵੇਖਣਗੇ ਕਿ ਜਿਸ ਦਾ ਉਹਨਾਂ ਨਾਲ ਵਾਅਦਾ ਕੀਤਾ ਗਿਆ ਹੈ ਤਾਂ ਉਹਨਾਂ ਨੂੰ ਛੇਤੀ ਹੀ ਪਤਾ ਲੱਗ ਜਾਵੇਗਾ ਕਿ ਕਿਸ ਦੇ ਸਹਾਈ ਕਮਜ਼ੋਰ ਹਨ ਅਤੇ ਕਿਸ ਦਾ ਜੱਥਾ ਗਿਣਤੀ ਵਿਚ ਘੱਟ ਹੈ।

حَتَّىٰ إِذَا رَأَوْا مَا يُوعَدُونَ فَسَيَعْلَمُونَ مَنْ أَضْعَفُ نَاصِرًا وَأَقَلُّ عَدَدًا ﴿٢٤﴾

25. (ਹੇ ਨਬੀ!) ਆਖ ਦਿਓ ਕਿ ਮੈਂ ਨਹੀਂ ਜਾਣਦਾ ਕਿ ਜਿਸ ਅਜ਼ਾਬ ਦਾ ਤੁਹਾਡੇ ਨਾਲ ਵਾਅਦਾ ਕੀਤਾ ਗਿਆ ਹੈ ਉਹ ਨੇੜੇ ਹੀ ਹੈ ਜਾਂ ਉਸ ਲਈ ਮੇਰੇ ਰੱਬ ਨੇ ਕੋਈ ਲੰਮਾਂ ਸਮਾਂ ਨਿਯਤ ਕਰ ਰੱਖਿਆ ਹੈ।

قُلْ إِنْ أَدْرِي أَقَرِيبٌ مَّا تُوعَدُونَ أَمْ يَجْعَلُ لَهُ رَبِّي أَمَدًا ﴿٢٥﴾

26. ਉਹੀਓ ਗ਼ੈਬ (ਪਰੋਖ) ਦਾ ਜਾਣਨਹਾਰ ਹੈ ਅਤੇ ਉਹ ਆਪਣਾ ਗਿਆਨ ਕਿਸੇ 'ਤੇ ਵੀ ਪ੍ਰਗਟ ਨਹੀਂ ਕਰਦਾ।

عَالِمُ الْغَيْبِ فَلَا يُظْهِرُ عَلَىٰ غَيْبِهِ أَحَدًا ﴿٢٦﴾

27. ਛੁੱਟ ਉਸ ਰਸੂਲ ਤੋਂ ਜਿਸ ਨੂੰ ਉਹ (ਪਰੋਖ ਦਾ ਗਿਆਨ ਦੇਣਾ) ਪਸੰਦ ਕਰੇ, ਫੇਰ ਉਸ (ਰਸੂਲ) ਦੇ ਅੱਗੇ-ਪਿੱਛੇ ਰਾਖੇ ਨਿਯੁਕਤ ਕਰ ਦਿੰਦਾ ਹੈ।

إِلَّا مَنِ ارْتَضَىٰ مِن رَّسُولٍ فَإِنَّهُ يَسْلُكُ مِن بَيْنِ يَدَيْهِ وَمِنْ خَلْفِهِ رَصَدًا ﴿٢٧﴾

28. ਤਾਂ ਜੋ ਉਹ ਜਾਣ ਲਵੇ ਕਿ ਉਹਨਾਂ ਰਸੂਲਾਂ ਨੇ ਆਪਣੇ ਰੱਬ ਦੇ ਸੁਨੇਹੇ ਨੂੰ (ਲੋਕਾਂ ਤੱਕ) ਪਹੁੰਚਾ ਦਿੱਤਾ ਹੈ ਅਤੇ ਉਸ ਨੇ ਉਹਨਾਂ ਦੇ ਆਲੇ-ਦੁਆਲੇ ਘੇਰਾ ਪਾਇਆ ਹੋਇਆ ਹੈ ਅਤੇ ਉਹ ਨੇ ਹਰ ਚੀਜ਼ ਦੀ ਗਿਣਤੀ ਕਰ ਰੱਖੀ ਹੈ।

لِّيَعْلَمَ أَن قَدْ أَبْلَغُوا رِسَالَاتِ رَبِّهِمْ وَأَحَاطَ بِمَا لَدَيْهِمْ وَأَحْصَىٰ كُلَّ شَيْءٍ عَدَدًا ﴿٢٨﴾

---

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

73. ਸੂਰਤ ਅਲ-ਮੁੱਜ਼ੱਮਿਲ (ਮੱਕੀ-3)

سُوْرَةُ الْمُزَّمِّلِ

(ਆਇਤਾਂ 20, ਰੁਕੂਅ 2)

بِسْمِ اللّٰهِ الرَّحْمٰنِ الرَّحِيْمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

يٰٓاَيُّهَا الْمُزَّمِّلُ ۙ 1

1. ਹੇ ਕਪੜਾ ਓੜ ਲਪੇਟ ਕੇ ਪੈਣ ਵਾਲੇ।

قُمِ الَّيْلَ اِلَّا قَلِيْلًا ۙ 2

2. ਰਾਤ ਵੇਲੇ ਥੋੜ੍ਹੇ ਸਮੇਂ ਲਈ (ਨਮਾਜ਼ ਲਈ) ਖਲੋਤਾ ਰਿਹਾ ਕਰ।

نِّصْفَهٗٓ اَوِ انْقُصْ مِنْهُ قَلِيْلًا ۙ 3

3. ਭਾਵ ਅੱਧੀ ਰਾਤ ਜਾਂ ਇਸ ਤੋਂ ਕੁੱਝ ਘੱਟ ਕਰ ਲਓ।

اَوْ زِدْ عَلَيْهِ وَرَتِّلِ الْقُرْاٰنَ تَرْتِيْلًا ۭ 4

4. ਜਾਂ ਇਸ ਤੋਂ ਕੁੱਝ ਵਧਾ ਲਓ ਅਤੇ ਕ਼ੁਰਆਨ ਨੂੰ ਚੰਗੀ ਤਰ੍ਹਾਂ ਠਹਿਰ-ਠਹਿਰ ਕੇ ਪੜ੍ਹੋ।[1]

اِنَّا سَنُلْقِيْ عَلَيْكَ قَوْلًا ثَقِيْلًا 5

5. ਬੇਸ਼ੱਕ ਅਸੀਂ ਛੇਤੀ ਹੀ ਤੁਹਾਡੇ ਉੱਤੇ ਇਕ ਵੱਡੀ ਭਾਰੀ ਜ਼ਿੰਮੇਵਾਰੀ (ਧਰਮ ਪ੍ਰਚਾਰ) ਦੀ ਪਾਉਣ ਵਾਲੇ ਹਾਂ।

اِنَّ نَاشِئَةَ الَّيْلِ هِيَ اَشَدُّ وَطْاً وَّاَقْوَمُ قِيْلًا ۭ 6

6. ਹਕੀਕਤ ਹੈ ਕਿ ਰਾਤ ਦਾ ਉਠਣਾ ਮਨ ਨੂੰ ਕਾਬੂ ਕਰਨ ਲਈ ਬਹੁਤ ਪ੍ਰਭਾਵਕਾਰੀ ਹੈ ਅਤੇ ਜ਼ਿਕਰ ਤੇ ਸਿਮਰਨ ਕਰਨ ਲਈ ਵਧੇਰੇ ਉਚਿਤ ਹੈ।

---

[1] ਇਸ ਆਇਤ ਵਿਚ ਨਬੀ (ਸ:) ਨੂੰ ਕ਼ੁਰਆਨ ਪੜ੍ਹਣ ਦੀ ਪ੍ਰੇਰਨਾ ਦਿੱਤੀ ਗਈ ਹੈ, ਜਿਸ ਦਾ ਅਸਲ ਉਦੇਸ਼ ਉੱਮਤ ਨੂੰ ਪ੍ਰੇਰਿਤ ਕਰਨਾ ਹੈ। ਕਿਉਂ ਜੋ ਕ਼ੁਰਆਨ ਦਾ ਪਾਠ ਕਰਨਾ, ਉਸ ਨੂੰ ਕੰਠ ਕਰਨਾ ਅਤੇ ਇਸ ਦਾ ਗਿਆਨ ਰੱਖਣ ਦਾ ਬਹੁਤ ਮਹੱਤਵ ਹੈ, ਇਹ ਉਹ ਕੰਮ ਹਨ ਕਿ ਜਿਨ੍ਹਾਂ ਨੂੰ ਇਹ ਚੀਜ਼ਾਂ ਮਿਲ ਜਾਣ ਉਹ ਰਸ਼ਕ ਕਰਨ ਯੋਗ ਹਨ, ਜਿਵੇਂ ਕਿ ਹਦੀਸ ਵਿਚ ਹੈ ਕਿ ਅੱਲਾਹ ਦੇ ਰਸੂਲ ਨੇ ਫ਼ਰਮਾਇਆ ਕਿ ਰਸ਼ਕ ਕੇਵਲ ਦੋ ਵਿਅਕਤੀਆਂ 'ਤੇ ਹੀ ਕੀਤਾ ਜਾ ਸਕਦਾ ਹੈ। ਇਕ ਉਹ ਜਿਸ ਨੂੰ ਅੱਲਾਹ ਨੇ ਕ਼ੁਰਆਨ ਦੇ ਗਿਆਨ ਨਾਲ ਨਵਾਜ਼ਿਆ ਹੋਵੇ ਅਤੇ ਉਹ ਦਿਨ-ਰਾਤ ਉਸੇ ਦੀ ਤਲਾਵਤ ਭਾਵ ਪੜ੍ਹਣ ਵਿਚ ਵਿਅਸਥ ਰਹੇ, ਫੇਰ ਉਸ ਦਾ ਪੜੋਸੀ ਰਸ਼ਕ ਕਰ ਸਕਦਾ ਹੈ ਕਿ ਕਾਸ਼! ਮੈਨੂੰ ਵੀ ਇਹ ਕ਼ੁਰਆਨ ਇਸ ਵਿਅਕਤੀ ਵਾਂਗ ਯਾਦ ਹੁੰਦਾ ਤਾਂ ਮੈਂ ਵੀ ਇਸੇ ਤਰ੍ਹਾਂ ਇਸ ਦੀ ਤਲਾਵਤ ਕਰਿਆ ਕਰਦਾ। ਦੂਜਾ ਉਹ ਜਿਸ ਨੂੰ ਅੱਲਾਹ ਨੇ ਦੌਲਤ ਨਾਲ ਨਵਾਜ਼ਿਆ ਹੋਵੇ ਅਤੇ ਉਹ ਉਸ ਨੂੰ ਭਲੇ ਕੰਮਾਂ ਵਿਚ ਖ਼ਰਚ ਕਰਦਾ ਹੋਵੇ। ਉਸ ਨਾਲ ਇੰਜ ਰਸ਼ਕ ਕੀਤਾ ਜਾ ਸਕਦਾ ਹੈ ਕਿ ਕਾਸ਼! ਮੈਨੂੰ ਵੀ ਅਜਿਹੀ ਦੌਲਤ ਮਿਲ ਜਾਂਦੀ ਤਾਂ ਮੈਂ ਵੀ ਉਸ ਨੂੰ ਉਸ ਦੀ ਤਰ੍ਹਾਂ ਅੱਲਾਹ ਦੀ ਰਾਹ ਵਿਚ ਖ਼ਰਚ ਕਰਦਾ। (ਸਹੀ ਬੁਖ਼ਾਰੀ, ਹਦੀਸ: 5026)

7 ਬੇਸ਼ੱਕ ਦਿਨ ਵੇਲੇ ਤੁਹਾਡੇ ਲਈ ਵਧੇਰੇ ਰੁਝੇਵੇਂ ਹਨ।

إِنَّ لَكَ فِي النَّهَارِ سَبْحًا طَوِيلًا ﴿٧﴾

8. ਤੁਸੀਂ ਆਪਣੇ ਰੱਬ ਦਾ ਨਾਂ ਯਾਦ ਕਰੋ ਅਤੇ ਸਾਰਿਆਂ ਤੋਂ ਵੱਖ ਹੋ ਕੇ ਉਸੇ ਵੱਲ ਧਿਆਨ ਦਿਓ।

وَاذْكُرِ اسْمَ رَبِّكَ وَتَبَتَّلْ إِلَيْهِ تَبْتِيلًا ﴿٨﴾

9. ਉਹ ਪੂਰਬ ਅਤੇ ਪੱਛਮ ਦਾ ਰੱਬ ਹੈ[1] ਛੁੱਟ ਉਸ ਤੋਂ ਹੋਰ ਕੋਈ ਇਸ਼ਟ ਨਹੀਂ, ਸੋ ਤੁਸੀਂ ਉਸੇ ਨੂੰ ਕਰਤਾ-ਧਰਤਾ ਬਣਾ ਲਓ।

رَّبُّ الْمَشْرِقِ وَالْمَغْرِبِ لَا إِلَٰهَ إِلَّا هُوَ
فَاتَّخِذْهُ وَكِيلًا ﴿٩﴾

10. ਅਤੇ ਜੋ ਕੁੱਝ ਉਹ (ਇਨਕਾਰੀ) ਆਖਦੇ ਹਨ ਉਹਨਾਂ 'ਤੇ ਸਬਰ ਕਰੋ ਅਤੇ ਭਲਮਣਸੀ ਨਾਲ ਉਹਨਾਂ ਤੋਂ ਅੱਡ ਹੋ ਜਾਓ।

وَاصْبِرْ عَلَىٰ مَا يَقُولُونَ وَاهْجُرْهُمْ هَجْرًا
جَمِيلًا ﴿١٠﴾

11. ਮੈਨੂੰ ਅਤੇ ਝੁਠਲਾਉਣ ਵਾਲੇ ਖ਼ੁਸ਼ਹਾਲ ਲੋਕਾਂ ਨੂੰ ਇਕੱਲਾ ਛੱਡ ਦਿਓ। ਅਤੇ ਉਹਨਾਂ ਨੂੰ ਕੁੱਝ ਚਿਰ ਲਈ ਮੋਹਲਤ ਦੇ ਦਿਓ।

وَذَرْنِي وَالْمُكَذِّبِينَ أُولِي النَّعْمَةِ وَمَهِّلْهُمْ
قَلِيلًا ﴿١١﴾

12 ਬੇਸ਼ੱਕ ਸਾਡੇ ਕੋਲ (ਉਹਨਾਂ ਲਈ) ਬੇੜੀਆਂ ਤੇ ਲਾਟਾਂ ਮਾਰਦੀ ਅੱਗ ਹੈ।

إِنَّ لَدَيْنَا أَنكَالًا وَجَحِيمًا ﴿١٢﴾

13 ਅਤੇ ਗਲ ਵਿਚ ਫਸਣ ਵਾਲਾ ਭੋਜਨ ਅਤੇ ਦੁਖਦਾਈ ਅਜ਼ਾਬ ਹੈ।

وَطَعَامًا ذَا غُصَّةٍ وَعَذَابًا أَلِيمًا ﴿١٣﴾

14. ਜਦੋਂ ਧਰਤੀ ਅਤੇ ਪਹਾੜ ਕੰਬ ਉੱਠਣਗੇ ਅਤੇ ਪਹਾੜ ਰੇਤ ਦੇ ਢੇਰ ਵਾਂਗ ਹੋਣਗੇ।

يَوْمَ تَرْجُفُ الْأَرْضُ وَالْجِبَالُ وَكَانَتِ
الْجِبَالُ كَثِيبًا مَّهِيلًا ﴿١٤﴾

15. ਬੇਸ਼ੱਕ ਅਸੀਂ ਤੁਹਾਡੇ ਵੱਲ ਇਕ ਰਸੂਲ (ਮੁਹੰਮਦ ਸ:) ਭੇਜਿਆ ਜਿਹੜਾ (ਕਿਆਮਤ ਦਿਹਾੜੇ) ਤੁਹਾਡੇ ਉੱਤੇ ਗਵਾਹ ਹੋਵੇਗਾ,[2] ਜਿਵੇਂ ਅਸੀਂ ਫ਼ਿਰਔਨ ਵੱਲ ਰਸੂਲ ਭੇਜਿਆ ਸੀ।

إِنَّا أَرْسَلْنَا إِلَيْكُمْ رَسُولًا شَاهِدًا عَلَيْكُمْ
كَمَا أَرْسَلْنَا إِلَىٰ فِرْعَوْنَ رَسُولًا ﴿١٥﴾

16. ਫ਼ਿਰਔਨ ਨੇ ਉਸ ਰਸੂਲ ਦੀ ਨਾਫ਼ਰਮਾਨੀ ਕੀਤੀ ਤਾਂ ਅਸੀਂ ਉਸ ਨੂੰ ਕਰੜਾਈ ਨਾਲ ਫੜ ਲਿਆ।

فَعَصَىٰ فِرْعَوْنُ الرَّسُولَ فَأَخَذْنَاهُ أَخْذًا
وَبِيلًا ﴿١٦﴾

---

[1] ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 173/3

[2] ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 252/2

فَكَيْفَ تَتَّقُونَ إِن كَفَرْتُمْ يَوْمًا يَجْعَلُ
الْوِلْدَانَ شِيبًا (١٧)

17. ਤੁਸੀਂ ਅਜ਼ਾਬ ਤੋਂ ਕਿਵੇਂ ਬਚੋਗੇ, ਜੇ ਤੁਸੀਂ ਉਸ ਦਿਨ ਦਾ ਇਨਕਾਰ ਕੀਤਾ ਜਿਹੜਾ ਬੱਚਿਆਂ ਨੂੰ ਬੁੱਢਾ ਕਰ ਦੇਵੇਗਾ।

السَّمَاءُ مُنفَطِرٌ بِهِ ۚ كَانَ وَعْدُهُ مَفْعُولًا (١٨)

18. ਅਤੇ ਜਿਸ ਦੀ ਸਖ਼ਤੀ ਨਾਲ ਅਕਾਸ਼ ਫੱਟ ਜਾਵੇਗਾ, ਅੱਲਾਹ ਦਾ ਵਾਅਦਾ ਕਿਆਮਤ ਆਉਣ ਦਾ ਪੂਰਾ ਹੋ ਕੇ ਰਹੇਗਾ।

إِنَّ هَٰذِهِ تَذْكِرَةٌ ۖ فَمَن شَاءَ اتَّخَذَ إِلَىٰ رَبِّهِ
سَبِيلًا (١٩)

19. ਬੇਸ਼ੱਕ ਇਹ (ਕੁਰਆਨ) ਇਕ ਨਸੀਹਤ ਹੈ, ਹੁਣ ਜੋ ਕੋਈ ਚਾਹਵੇ ਆਪਣੇ ਰੱਬ ਦੀ ਰਾਹ ਫੜ ਲਵੇ।

إِنَّ رَبَّكَ يَعْلَمُ أَنَّكَ تَقُومُ أَدْنَىٰ مِن ثُلُثَيِ
اللَّيْلِ وَنِصْفَهُ وَثُلُثَهُ وَطَائِفَةٌ مِّنَ الَّذِينَ
مَعَكَ ۚ وَاللَّهُ يُقَدِّرُ اللَّيْلَ وَالنَّهَارَ ۚ عَلِمَ أَن
لَّن تُحْصُوهُ فَتَابَ عَلَيْكُمْ ۖ فَاقْرَءُوا مَا تَيَسَّرَ
مِنَ الْقُرْآنِ ۚ عَلِمَ أَن سَيَكُونُ مِنكُم مَّرْضَىٰ ۙ
وَآخَرُونَ يَضْرِبُونَ فِي الْأَرْضِ يَبْتَغُونَ مِن
فَضْلِ اللَّهِ ۙ وَآخَرُونَ يُقَاتِلُونَ فِي سَبِيلِ اللَّهِ ۖ
فَاقْرَءُوا مَا تَيَسَّرَ مِنْهُ ۚ وَأَقِيمُوا الصَّلَاةَ وَآتُوا الزَّكَاةَ
وَأَقْرِضُوا اللَّهَ قَرْضًا حَسَنًا ۚ وَمَا تُقَدِّمُوا لِأَنفُسِكُم
مِّنْ خَيْرٍ تَجِدُوهُ عِندَ اللَّهِ هُوَ خَيْرًا وَأَعْظَمَ
أَجْرًا ۚ وَاسْتَغْفِرُوا اللَّهَ ۖ إِنَّ اللَّهَ غَفُورٌ رَّحِيمٌ (٢٠)

20. (ਹੇ ਨਬੀ!) ਤੁਹਾਡਾ ਰੱਬ ਜਾਣਦਾ ਹੈ ਕਿ ਤੁਸੀਂ ਲੱਗ-ਭੱਗ ਦੋ ਤਿਹਾਈ ਰਾਤ ਜਾਂ ਅੱਧੀ ਰਾਤ ਜਾਂ ਇਕ ਤਿਹਾਈ ਰਾਤ ਨਮਾਜ਼ ਲਈ ਖੜੇ ਰਹਿੰਦੇ ਹੋ। ਤੁਹਾਡੇ ਸਾਥੀਆਂ ਵਿੱਚੋਂ ਵੀ ਇਕ ਟੋਲੀ ਇਹੋ ਕਰਦੀ ਹੈ। ਅੱਲਾਹ ਹੀ ਰਾਤ ਅਤੇ ਦਿਨ ਦਾ ਲੇਖਾ ਜੋਖਾ ਰੱਖਦਾ ਹੈ। ਉਹ ਜਾਣਦਾ ਹੈ ਕਿ ਤੁਸੀਂ ਇਸ (ਰਾਤ ਦੇ ਕਿਆਮ) ਨੂੰ ਨਿਭਾ ਨਹੀਂ ਸਕੋਗੇ ਸੋ ਉਸ ਨੇ ਤੁਹਾਡੇ ਉੱਤੇ ਕ੍ਰਿਪਾ ਕੀਤੀ, ਹੁਣ ਜਿੰਨਾ ਕੁਰਆਨ ਤੁਸੀਂ ਆਸਾਨੀ ਨਾਲ ਪੜ੍ਹ ਸਕਦੇ ਹੋ ਪੜ੍ਹ ਲਿਆ ਕਰੋ। ਉਹ ਜਾਣਦਾ ਹੈ ਕਿ ਤੁਹਾਡੇ ਵਿੱਚੋਂ ਕਿੰਨੇ ਲੋਕ ਬੀਮਾਰ ਹੋਣਗੇ ਅਤੇ ਕਿੰਨੇ ਧਰਤੀ ਉੱਤੇ ਅੱਲਾਹ ਦਾ ਫ਼ਜ਼ਲ (ਰੋਜ਼ੀ) ਲੱਭਦੇ ਫਿਰਦੇ ਹੋਣਗੇ ਅਤੇ ਕਿੰਨੇ ਅੱਲਾਹ ਦੇ ਰਾਹ ਵਿਚ ਲੜਦੇ ਹੋਣਗੇ। ਸੋ ਇਸ (ਕੁਰਆਨ) ਵਿੱਚੋਂ ਜਿੰਨਾ ਵੀ ਆਸਾਨੀ ਨਾਲ ਪੜ੍ਹਿਆ ਜਾ ਸਕੇ ਪੜ੍ਹੋ ਅਤੇ ਨਮਾਜ਼ ਕਾਇਮ ਕਰੋ, ਜ਼ਕਾਤ ਅਦਾ ਕਰੋ, ਅੱਲਾਹ ਨੂੰ ਸੋਹਣਾ ਕਰਜ਼ਾ ਦਿਓ। ਤੁਸੀਂ ਆਪਣੇ ਲਈ ਜਿਹੜੀ ਵੀ ਨੇਕੀ ਅੱਗੇ ਭੇਜੋਗੇ ਉਸ ਦਾ ਬਦਲਾ ਅੱਲਾਹ ਦੇ ਕੋਲ ਵਧੇਰੇ ਚੰਗਾ ਹੈ ਤੇ ਬਹੁਤ ਵੱਡਾ ਹੈ ਅਤੇ ਅੱਲਾਹ ਕੋਲੋਂ ਬਖ਼ਸ਼ਿਸ਼ ਮੰਗਦੇ ਰਹੋ। ਬੇਸ਼ੱਕ ਅੱਲਾਹ ਬਖ਼ਸ਼ਣਹਾਰ ਤੇ ਮਿਹਰਬਾਨ ਹੈ।

74. ਸੂਰਤ ਅਲ-ਮੁੱਦੱਸਿਰ (ਮੱਕੀ-4)

(ਆਇਤਾਂ 56, ਰੁਕੂਅ 2)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

1 ਹੇ ਕਪੜਾ (ਕੰਬਲ) ਓੜ ਲਪੇਟ ਕੇ ਪੈਣ ਵਾਲੇ!

2. ਉਠੋ ਅਤੇ (ਲੋਕਾਂ ਨੂੰ) ਡਰਾਓ।

3 ਅਤੇ ਆਪਣੇ ਰੱਬ ਦੀ ਵਡਿਆਈ ਦੀ ਚਰਚਾ ਕਰੋ।

4 ਅਤੇ ਆਪਣੇ ਕੱਪੜਿਆਂ ਨੂੰ ਪਾਕ-ਸਾਫ਼ ਰੱਖੋ।

5 ਅਪਵਿੱਤਰਤਾ ਤੋਂ ਦੂਰ ਰਹੋ।

6. ਵਧੇਰੇ ਪ੍ਰਾਪਤ ਕਰਨ ਲਈ ਅਹਿਸਾਨ ਨਾ ਕਰੋ।

7. ਅਤੇ ਆਪਣੇ ਰੱਬ ਲਈ ਸਬਰ ਤੋਂ ਕੰਮ ਲਓ।

8. ਜਦੋਂ ਸੂਰ (ਨਰਸਿੰਘਾ) ਵਜਾਇਆ ਜਾਵੇਗਾ।

9. ਤਾਂ ਉਹ ਦਿਹਾੜਾ ਬਹੁਤ ਹੀ ਕਰੜਾ ਹੋਵੇਗਾ।

10 ਕਾਫ਼ਿਰਾਂ ਲਈ ਸੌਖਿਆਈ ਨਹੀਂ ਹੋਵੇਗੀ।

11. ਮੈਨੂੰ (ਭਾਵ ਅੱਲਾਹ ਨੂੰ) ਅਤੇ ਉਸ ਵਿਅਕਤੀ ਨੂੰ ਇਕੱਲਾ ਛੱਡ ਦਿਓ ਜਿਸ ਨੂੰ ਮੈਂ ਇਕੱਲਾ ਪੈਦਾ ਕੀਤਾ ਹੈ।

12 ਉਸ ਨੂੰ ਢੇਰ ਸਾਰਾ ਮਾਲ ਦਿੱਤਾ ਹੈ।

13. ਉਸ ਦੇ ਅੰਗ ਸੰਗ ਰਹਿਣ ਵਾਲੇ ਪੁੱਤਰ ਦਿੱਤੇ।

سُورَةُ الْمُدَّثِّرِ

بِسْمِ اللَّهِ الرَّحْمَٰنِ الرَّحِيمِ

يَا أَيُّهَا الْمُدَّثِّرُ ﴿١﴾

قُمْ فَأَنذِرْ ﴿٢﴾

وَرَبَّكَ فَكَبِّرْ ﴿٣﴾

وَثِيَابَكَ فَطَهِّرْ ﴿٤﴾

وَالرُّجْزَ فَاهْجُرْ ﴿٥﴾

وَلَا تَمْنُن تَسْتَكْثِرُ ﴿٦﴾

وَلِرَبِّكَ فَاصْبِرْ ﴿٧﴾

فَإِذَا نُقِرَ فِي النَّاقُورِ ﴿8﴾

فَذَٰلِكَ يَوْمَئِذٍ يَوْمٌ عَسِيرٌ ﴿9﴾

عَلَى الْكَافِرِينَ غَيْرُ يَسِيرٍ ﴿10﴾

ذَرْنِي وَمَنْ خَلَقْتُ وَحِيدًا ﴿11﴾

وَجَعَلْتُ لَهُ مَالًا مَّمْدُودًا ﴿12﴾

وَبَنِينَ شُهُودًا ﴿13﴾

14. ਉਸ ਨੂੰ ਖੁੱਲ੍ਹੀ-ਡੁੱਲ੍ਹੀ ਜੀਵਨ ਸਮੱਗਰੀ (ਭਾਵ ਖ਼ੁਸ਼ਹਾਲੀ) ਨਾਲ ਨਿਵਾਜ਼ਿਆ।

وَّمَهَّدْتُّ لَهٗ تَمْهِيْدًا ﴿14﴾

15. ਫੇਰ ਵੀ ਉਹ ਲੋਭ ਕਰਦਾ ਹੈ ਕਿ ਮੈਂ ਉਸ ਨੂੰ ਹੋਰ ਵਧੇਰੇ ਦਿਆਂ।

ثُمَّ يَطْمَعُ اَنْ اَزِيْدَ ﴿15﴾

16. ਕਦੇ ਵੀ ਨਹੀਂ। ਨਿਰਸੰਦੇਹ, ਉਹ ਸਾਡੀਆਂ ਆਇਤਾਂ ਨਾਲ ਵੈਰ ਰੱਖਦਾ ਹੈ।

كَلَّا ۭ اِنَّهٗ كَانَ لِاٰيٰتِنَا عَنِيْدًا ﴿16﴾

17. ਛੇਤੀ ਹੀ ਉਸ ਨੂੰ ਮੈਂ (ਭਾਵ ਅੱਲਾਹ) ਇਕ ਕਠਿਨ ਚੜ੍ਹਾਈ ਚੜ੍ਹਾਵਾਂਗਾ।

سَاُرْهِقُهٗ صَعُوْدًا ﴿17﴾

18. ਉਸ ਨੇ ਸੋਚ ਵਿਚਾਰ ਕੀਤਾ ਅਤੇ ਕੁੱਝ ਗੱਲ ਜੋੜਨ ਦਾ ਜਤਨ ਕੀਤਾ।

اِنَّهٗ فَكَّرَ وَقَدَّرَ ﴿18﴾

19. ਸੋ ਉਹ ਤਾਂ ਮਾਰਿਆ ਜਾਵੇਗਾ, ਉਸ ਨੇ ਕਿਹੋ ਜਿਹੀ ਗੱਲ ਬਣਾਉਣ ਦਾ ਜਤਨ ਕੀਤਾ।

فَقُتِلَ كَيْفَ قَدَّرَ ﴿19﴾

20. ਉਹ ਤਾਂ ਮਾਰਿਆ ਜਾਵੇਗਾ, ਕਿਹੋ ਜਿਹੀ ਗੱਲ ਬਣਾਉਣ ਦਾ ਜਤਨ ਕੀਤਾ।

ثُمَّ قُتِلَ كَيْفَ قَدَّرَ ﴿20﴾

21. ਫੇਰ ਉਸ ਨੇ ਲੋਕਾਂ ਵੱਲ ਵੇਖਿਆ।

ثُمَّ نَظَرَ ﴿21﴾

22. ਫੇਰ ਮੱਥੇ ਵੱਟ ਪਾਇਆ ਅਤੇ ਮੂੰਹ ਵਿਗਾੜਿਆ।

ثُمَّ عَبَسَ وَبَسَرَ ﴿22﴾

23. ਫੇਰ ਪਿੱਠ ਫੇਰੀ ਤੇ ਹੰਕਾਰ ਵੀ ਕੀਤਾ।

ثُمَّ اَدْبَرَ وَاسْتَكْبَرَ ﴿23﴾

24. ਫੇਰ ਉਸ ਨੇ ਆਖਿਆ ਇਹ (ਕੁਰਆਨ) ਤਾਂ ਇਕ ਜਾਦੂ ਹੈ ਜਿਹੜਾ ਪਹਿਲਾਂ ਤੋਂ ਤੁਰਿਆ ਆ ਰਿਹਾ ਹੈ।

فَقَالَ اِنْ هٰذَآ اِلَّا سِحْرٌ يُّؤْثَرُ ﴿24﴾

25. ਇਹ ਤਾਂ ਕੇਵਲ ਇਕ ਮਨੁੱਖੀ ਬਾਣੀ ਹੈ।

اِنْ هٰذَآ اِلَّا قَوْلُ الْبَشَرِ ﴿25﴾

26. ਮੈਂ ਛੇਤੀ ਹੀ ਉਸ ਵਿਅਕਤੀ ਨੂੰ 'ਸਕਰ' ਵਿਚ ਸੁੱਟ ਦੇਵਾਂਗਾ।[1]

سَاُصْلِيْهِ سَقَرَ ﴿26﴾

---

[1] ਵੇਖੋ ਸੂਰਤ ਬਨੀ ਇਸਰਾਈਲ, ਹਾਸ਼ੀਆ ਆਇਤ 97/17

27. ਤੁਸੀਂ ਕੀ ਜਾਣੋਂ ਕਿ ਸਕਰ ਕੀ ਹੈ?

وَمَآ أَدْرَىٰكَ مَا سَقَرُ 27

28. (ਇਹ 'ਸਕਰ' ਨਰਕ ਹੈ) ਜਿਹੜੀ (ਸਰੀਰ ਨੂੰ) ਨਾ ਬਾਕੀ ਰੱਖੇਗੀ ਤੇ ਨਾ ਛੱਡੇਗੀ।

لَا تُبْقِى وَلَا تَذَرُ 28

29. ਖੱਲੜੀ ਨੂੰ ਝੁਲਸਾ ਦੇਣ ਵਾਲੀ ਹੈ।

لَوَّاحَةٌ لِّلْبَشَرِ 29

30 ਇਸ (ਸਕਰ ਭਾਵ ਨਰਕ) ਉੱਤੇ ਉੱਨੀ (19) ਪਹਿਰੇਦਾਰ ਨਿਯੁਕਤ ਹਨ।

عَلَيْهَا تِسْعَةَ عَشَرَ 30

31 ਅਸੀਂ ਫ਼ਰਿਸ਼ਤੇ ਹੀ ਨਰਕ ਦੇ ਪਹਿਰੇਦਾਰ ਬਣਾਏ ਹਨ, ਅਤੇ ਅਸੀਂ ਉਹਨਾਂ ਦੀ ਗਿਣਤੀ ਨੂੰ ਕ਼ਾਫ਼ਿਰਾਂ ਲਈ ਅਜ਼ਮਾਇਸ਼ ਬਣਾ ਛੱਡਿਆ ਹੈ, ਤਾਂ ਜੋ ਕਿਤਾਬ ਵਾਲੇ (ਯਹੂਦੀਆਂ ਤੇ ਈਸਾਈਆਂ) ਨੂੰ ਵਿਸ਼ਵਾਸ ਹੋ ਜਾਵੇ ਅਤੇ ਈਮਾਨ ਵਾਲਿਆਂ ਦੇ ਈਮਾਨ ਵਿਚ ਹੋਰ ਵਾਧਾ ਹੋ ਜਾਵੇ, ਕਿਤਾਬ ਵਾਲੇ ਅਤੇ ਈਮਾਨ ਵਾਲੇ ਕਿਸੇ ਸ਼ੱਕ ਵਿਚ ਨਾ ਰਹਿਣ, ਤਾਂ ਜੋ ਦਿਲਾਂ ਦੇ ਰੋਗੀ ਤੇ ਕਾਫ਼ਿਰ ਆਖਣ, ਇਸ ਉਦਾਹਰਨ ਤੋਂ ਅੱਲਾਹ ਦਾ ਕੀ ਭਾਵ ਹੈ? ਇਸੇ ਤਰ੍ਹਾਂ ਅੱਲਾਹ ਜਿਸ ਨੂੰ ਚਾਹੁੰਦਾ ਹੈ ਕੁਰਾਹੇ ਪਾ ਦਿੰਦਾ ਹੈ ਅਤੇ ਜਿਸ ਨੂੰ ਚਾਹੁੰਦਾ ਹੈ ਹਿਦਾਇਤ ਬਖ਼ਸ਼ ਦਿੰਦਾ ਹੈ। ਤੁਹਾਡੇ ਰੱਬ ਦੀਆਂ ਫ਼ੌਜਾਂ ਨੂੰ ਕੇਵਲ ਉਹੀਓ ਜਾਣਦਾ ਹੈ ਅਤੇ ਉਹ (ਨਰਕ) ਮਨੁੱਖ ਲਈ ਕੇਵਲ ਇਕ ਨਸੀਹਤ ਹੀ ਤਾਂ ਹੈ।

وَمَا جَعَلْنَآ أَصْحَـٰبَ ٱلنَّارِ إِلَّا مَلَـٰٓئِكَةً ۙ وَمَا جَعَلْنَا
عِدَّتَهُمْ إِلَّا فِتْنَةً لِّلَّذِينَ كَفَرُوا۟ لِيَسْتَيْقِنَ
ٱلَّذِينَ أُوتُوا۟ ٱلْكِتَـٰبَ وَيَزْدَادَ ٱلَّذِينَ ءَامَنُوٓا۟
إِيمَـٰنًا ۙ وَلَا يَرْتَابَ ٱلَّذِينَ أُوتُوا۟ ٱلْكِتَـٰبَ
وَٱلْمُؤْمِنُونَ ۙ وَلِيَقُولَ ٱلَّذِينَ فِى قُلُوبِهِم
مَّرَضٌ وَٱلْكَـٰفِرُونَ مَاذَآ أَرَادَ ٱللَّهُ بِهَـٰذَا
مَثَلًا ۚ كَذَٰلِكَ يُضِلُّ ٱللَّهُ مَن يَشَآءُ وَيَهْدِى
مَن يَشَآءُ ۚ وَمَا يَعْلَمُ جُنُودَ رَبِّكَ إِلَّا هُوَ ۚ
وَمَا هِىَ إِلَّا ذِكْرَىٰ لِلْبَشَرِ 31

32. ਉੱਕਾ ਨਹੀਂ ਸਹੁੰ ਹੈ ਚੰਨ ਦੀ।

كَلَّا وَٱلْقَمَرِ 32

33. ਅਤੇ ਰਾਤ ਦੀ ਜਦੋਂ ਉਹ ਢੱਲਦੀ ਹੈ।

وَٱلَّيْلِ إِذْ أَدْبَرَ 33

34. ਅਤੇ ਸਵੇਰੇ ਦੀ ਜਦੋਂ ਉਹ ਰੌਸ਼ਨ ਹੁੰਦੀ ਹੈ।

وَٱلصُّبْحِ إِذَآ أَسْفَرَ 34

70

35. ਬੇਸ਼ੱਕ ਇਹ ਨਰਕ ਦੀ ਵੱਡੀਆਂ ਚੀਜ਼ਾਂ ਵਿੱਚੋਂ ਇਕ ਹੈ।

إِنَّهَا لَإِحْدَى الْكُبَرِ ﴿35﴾

36. ਮਨੁੱਖਾਂ ਲਈ ਡਰਾਵਾ ਹੈ।

نَذِيرًا لِّلْبَشَرِ ﴿36﴾

37. ਉਸ ਲਈ (ਡਰਾਵਾ ਹੈ) ਜੋ ਤੁਹਾਡੇ ਵਿੱਚੋਂ (ਨੇਕੀ ਵੱਲ) ਅਗਾਂਹ ਵਧਣਾ ਜਾਂ ਪਿਛਾਂਹ ਰਹਿਣਾ ਚਾਹੁੰਦਾ ਹੈ।

لِمَن شَاءَ مِنكُمْ أَن يَتَقَدَّمَ أَوْ يَتَأَخَّرَ ﴿37﴾

38. ਹਰ ਵਿਅਕਤੀ ਨੇ ਜੋ ਵੀ (ਕਰਮ) ਕੀਤਾ ਹੈ ਉਸੇ ਦੇ ਬਦਲੇ ਉਹ ਗਹਿਣੇ ਪਿਆ ਹੋਇਆ ਹੈ।

كُلُّ نَفْسٍ بِمَا كَسَبَتْ رَهِينَةٌ ﴿38﴾

39. ਛੁੱਟ ਸੱਜੇ ਹੱਥ ਵਾਲਿਆਂ ਤੋਂ।

إِلَّا أَصْحَابَ الْيَمِينِ ﴿39﴾

40. ਉਹ ਜੰਨਤ ਦੇ ਬਾਗ਼ਾਂ ਵਿਚ ਹੋਣਗੇ ਅਤੇ ਇਕ ਦੂਜੇ ਦਾ ਹਾਲ ਪੁੱਛਣਗੇ।

فِي جَنَّاتٍ يَتَسَاءَلُونَ ﴿40﴾

41 ਅਪਰਾਧੀਆਂ ਬਾਰੇ ਗੱਲਾਂ ਕਰਨਗੇ।

عَنِ الْمُجْرِمِينَ ﴿41﴾

42 (ਉਹਨਾਂ ਤੋਂ ਪੁੱਛਣਗੇ) ਤੁਹਾਨੂੰ ਕਿਹੜੀ ਚੀਜ਼ ਨੇ ਨਰਕ ਵਿਚ ਸੁੱਟਿਆ ਹੈ?

مَا سَلَكَكُمْ فِي سَقَرَ ﴿42﴾

43. ਉਹ ਆਖਣਗੇ ਕਿ ਅਸੀਂ ਨਮਾਜ਼ੀਆਂ ਵਿੱਚੋਂ ਨਹੀਂ ਸੀ।[1]

قَالُوا لَمْ نَكُ مِنَ الْمُصَلِّينَ ﴿43﴾

44 ਅਤੇ ਨਾ ਹੀ ਅਸੀਂ ਮੁਥਾਜਾਂ ਨੂੰ ਭੋਜਨ ਕਰਵਾਉਂਦੇ ਸੀ।

وَلَمْ نَكُ نُطْعِمُ الْمِسْكِينَ ﴿44﴾

45. ਅਸੀਂ (ਝੂਠੀਆਂ ਗੱਲਾਂ) ਬਣਾਉਣ ਵਾਲਿਆਂ ਦੇ ਨਾਲ ਰੁਝੇ ਰਹਿੰਦੇ ਸੀ।

وَكُنَّا نَخُوضُ مَعَ الْخَائِضِينَ ﴿45﴾

---

1 ਵੇਖੋ ਸੂਰਤ ਅਲ-ਅਨਫ਼ਾਲ, ਹਾਸ਼ੀਆ ਆਇਤ 35/8

46 ਅਸੀਂ ਬਦਲੇ ਵਾਲੇ ਦਿਨ (ਕਿਆਮਤ) ਨੂੰ ਝੂਠ ਦੱਸਦੇ ਸੀ।	وَكُنَّا نُكَذِّبُ بِيَوْمِ الدِّينِ (46)
47. ਇੱਥੋਂ ਤਕ ਕਿ ਸਾਨੂੰ ਮੌਤ ਨੇ ਆ ਘੇਰਿਆ।	حَتَّىٰ أَتَانَا الْيَقِينُ (47)
48. ਹੁਣ ਸਿਫ਼ਾਰਸ਼ੀਆਂ ਦੀ ਕੋਈ ਵੀ ਸਿਫ਼ਾਰਸ਼ ਉਹਨਾਂ ਨੂੰ ਕੁੱਝ ਵੀ ਲਾਭ ਨਹੀਂ ਦੇਵੇਗੀ।	فَمَا تَنفَعُهُمْ شَفَاعَةُ الشَّافِعِينَ (48)
49 ਭਲਾ ਇਹਨਾਂ ਲੋਕਾਂ ਨੂੰ ਕੀ ਹੋ ਗਿਆ ਕਿ ਨਸੀਹਤ (.ਕੁਰਆਨ) ਤੋਂ ਮੂੰਹ ਮੋੜ ਰਹੇ ਹਨ।	فَمَا لَهُمْ عَنِ التَّذْكِرَةِ مُعْرِضِينَ (49)
50 ਜਿਵੇਂ ਇਹ ਕੋਈ ਬਿਦਕੇ ਹੋਏ ਗਧੇ ਹੋਣ।	كَأَنَّهُمْ حُمُرٌ مُّسْتَنفِرَةٌ (50)
51 ਜਿਹੜੇ ਸ਼ੇਰ ਨੂੰ ਵੇਖ ਕੇ ਨੱਸ ਖਲੋਤੇ ਹੋਣ।	فَرَّتْ مِن قَسْوَرَةٍ (51)
52 ਇਹਨਾਂ (ਕਾਫ਼ਿਰਾਂ) ਵਿੱਚੋਂ ਹਰ ਵਿਅਕਤੀ ਇਹੋ ਚਾਹੁੰਦਾ ਹੈ ਕਿ ਉਸ ਨੂੰ ਖੁੱਲ੍ਹੀਆਂ ਪੋਥੀਆਂ ਦਿੱਤੀਆਂ ਜਾਣ।	بَلْ يُرِيدُ كُلُّ امْرِئٍ مِّنْهُمْ أَن يُؤْتَىٰ صُحُفًا مُّنَشَّرَةً (52)
53. ਉੱਕਾ ਨਹੀਂ! ਅਸਲ ਗੱਲ ਇਹ ਹੈ ਕਿ ਇਹ ਲੋਕ ਆਖ਼ਿਰਤ ਤੋਂ ਨਹੀਂ ਡਰਦੇ।	كَلَّا ۖ بَل لَّا يَخَافُونَ الْآخِرَةَ (53)
54 ਉੱਕਾ ਨਹੀਂ ਇਹ (.ਕੁਰਆਨ) ਤਾਂ ਇਕ ਨਸੀਹਤ ਹੈ।	كَلَّا إِنَّهُ تَذْكِرَةٌ (54)
55 ਜਿਹੜਾ ਕੋਈ ਚਾਹੇ ਇਸ (ਨਸੀਹਤ) ਨੂੰ ਯਾਦ ਰੱਖੇ।	فَمَن شَاءَ ذَكَرَهُ (55)
56 ਜਦ ਕਿ ਉਹ (ਕਾਫ਼ਿਰ) ਇਸ ਨੂੰ ਯਾਦ ਨਹੀਂ ਰੱਖਣਗੇ, ਛੁੱਟ ਅੱਲਾਹ ਹੀ ਜੇ ਅਜਿਹਾ ਚਾਹੇ। ਉਹ ਇਸ ਯੋਗ ਹੈ ਕਿ ਉਸ ਤੋਂ ਡਰਿਆ ਜਾਵੇ ਅਤੇ ਉਹੀਓ ਖਿਮਾ ਕਰਨ ਦੇ ਯੋਗ ਹੈ।	وَمَا يَذْكُرُونَ إِلَّا أَن يَشَاءَ اللَّهُ ۚ هُوَ أَهْلُ التَّقْوَىٰ وَأَهْلُ الْمَغْفِرَةِ (56)

75. ਸੂਰਤ ਅਲ-ਕ਼ਿਆਮਾ (ਮੱਕੀ-31)

سُوْرَةُ الْقِيٰمَةِ

(ਆਇਤਾਂ 40, ਰੁਕੂਅ 2)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਮੈਂ ਸਹੁੰ ਖਾਂਦਾ ਹਾਂ ਕਿਆਮਤ ਦਿਹਾੜੇ ਦੀ।

لَآ أُقْسِمُ بِيَوْمِ الْقِيٰمَةِ ۙ 1

2. ਅਤੇ ਮੈਂ ਨਿੰਦਨ ਯੋਗ ਮਨ ਦੀ ਸਹੁੰ ਖਾਂਦਾ ਹੈ।

وَلَآ أُقْسِمُ بِالنَّفْسِ اللَّوَّامَةِ ۭ 2

3. ਕੀ ਮਨੁੱਖ ਸਮਝਦਾ ਹੈ ਕਿ ਅਸੀਂ ਉਸ ਦੀਆਂ ਹੱਡੀਆਂ ਨੂੰ ਇਕੱਤਰ ਨਹੀਂ ਕਰ ਸਕਾਂਗੇ?

أَيَحْسَبُ الْإِنْسَانُ أَلَّنْ نَّجْمَعَ عِظَامَهٗ ۭ 3

4. ਕਿਉਂ ਨਹੀਂ! ਸਗੋਂ ਅਸੀਂ ਤਾਂ ਉਸ ਦੀ ਪੋਰ-ਪੋਰ ਠੀਕ ਕਰਨ 'ਤੇ ਸਮਰਥ ਹਾਂ।[1]

بَلٰى قٰدِرِيْنَ عَلٰٓى أَنْ نُّسَوِّيَ بَنَانَهٗ 4

5. ਮਨੁੱਖ ਤਾਂ ਚਾਹੁੰਦਾ ਹੈ ਕਿ ਅਗਾਂਹ ਨੂੰ ਵੀ ਦੁਰਾਚਾਰ ਵਾਲੇ ਕੰਮ ਕਰਦਾ ਰਹੇ।

بَلْ يُرِيْدُ الْإِنْسَانُ لِيَفْجُرَ أَمَامَهٗ ۚ 5

6 ਉਹ ਪੁੱਛਦਾ ਹੈ ਕਿ ਕਿਆਮਤ ਦਿਹਾੜਾ ਕਦੋਂ ਹੈ।

يَسْـَٔلُ أَيَّانَ يَوْمُ الْقِيٰمَةِ ۭ 6

7 (ਇਹ ਦਿਹਾੜਾ ਉਸ ਵੇਲੇ ਹੋਵੇਗਾ) ਜਦੋਂ ਅੱਖਾਂ ਪਥਰਾ ਜਾਣਗੀਆਂ।

فَإِذَا بَرِقَ الْبَصَرُ ۙ 7

8. ਚੰਨ ਬੇ-ਨੂਰ ਹੋ ਜਾਵੇਗਾ।

وَخَسَفَ الْقَمَرُ ۙ 8

9. ਸੂਰਜ ਅਤੇ ਚੰਨ ਨੂੰ ਜਮਾਂ ਕਰ ਦਿੱਤਾ ਜਾਵੇਗਾ।[2]

وَجُمِعَ الشَّمْسُ وَالْقَمَرُ ۙ 9

---

1 ਇਹ ਇਕ ਸੱਚਾਈ ਹੈ ਕਿ ਹਰੇਕ ਵਿਅਕਤੀ ਦੇ ਵਿਸ਼ੇਸ਼ ਉਂਗਲਾਂ ਦੇ ਨਿਸ਼ਾਨ ਸੰਸਾਰ ਦੇ ਕਿਸੇ ਵੀ ਦੂਜੇ ਮਨੁੱਖ ਨਾਲ ਨਹੀਂ ਮਿਲਦੇ। ਇਹ ਆਇਤ ਉਸੇ ਵੱਲ ਅਗਵਾਈ ਕਰਦੀ ਹੈ ਕਿ ਸਾਡਾ ਪਾਲਣਹਾਰ ਸਭ ਤੋਂ ਉੱਚਾ ਤੇ ਵਡਿਆਈ ਵਾਲਾ ਹੈ ਅਤੇ ਹਰੇਕ ਚੀਜ਼ ਦਾ ਬਣਾਉਣ ਵਾਲਾ ਉਹੀਓ ਹੈ, ਛੁੱਟ ਉਸ ਤੋਂ ਹੋਰ ਕੋਈ ਬੰਦਗੀ ਦੇ ਯੋਗ ਨਹੀਂ।

2 ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ, ਕਿਆਮਤ ਦਿਹਾੜੇ ਸੂਰਜ ਤੇ ਚੰਨ ਦੋਵੇਂ ਬੇ-ਨੂਰ ਹੋ ਜਾਣਗੇ। (ਸਹੀ ਬੁਖ਼ਾਰੀ, ਹਦੀਸ: 3200)

10. ਅਤੇ ਮਨੁੱਖ ਉਸ ਦਿਨ ਆਖੇਗਾ ਕਿ ਨੱਸਣ ਦੀ ਥਾਂ ਕਿੱਥੇ ਹੈ?

يَقُولُ الْإِنسَانُ يَوْمَئِذٍ أَيْنَ الْمَفَرُّ 10

11. ਉੱਕਾ ਨਹੀਂ ਉੱਥੇ ਕੋਈ ਸ਼ਰਨ-ਅਸਥਾਨ ਨਹੀਂ।

كَلَّا لَا وَزَرَ 11

12. ਉਸ ਦਿਨ ਤੇਰੇ ਰੱਬ ਦੇ ਸਾਹਮਣੇ ਹੀ ਜਾ ਕੇ ਠਹਿਰਨਾ ਹੋਵੇਗਾ।

إِلَىٰ رَبِّكَ يَوْمَئِذٍ الْمُسْتَقَرُّ 12

13. ਉਸ ਦਿਨ ਮਨੁੱਖ ਨੂੰ ਦੱਸ ਦਿੱਤਾ ਜਾਵੇਗਾ ਜੋ ਉਸ ਨੇ (ਚੰਗੇ ਜਾਂ ਮਾੜੇ ਕਰਮ) ਅੱਗੇ (ਆਖ਼ਿਰਤ ਲਈ) ਭੇਜੇ ਹਨ ਅਤੇ ਜੋ ਉਸ ਨੇ ਪਿੱਛੇ (ਦੁਨੀਆਂ ਵਿਚ) ਛੱਡੇ ਹਨ।

يُنَبَّأُ الْإِنسَانُ يَوْمَئِذٍ بِمَا قَدَّمَ وَأَخَّرَ 13

14 ਸਗੋਂ ਮਨੁੱਖ ਆਪੇ ਹੀ ਆਪਣੇ ਆਪ ਨੂੰ ਚੰਗੀ ਤਰ੍ਹਾਂ ਜਾਣਦਾ ਹੈ।

بَلِ الْإِنسَانُ عَلَىٰ نَفْسِهِ بَصِيرَةٌ 14

15 ਉਹ ਭਾਵੇਂ ਕਿੰਨੇ ਹੀ ਬਹਾਨੇ ਪੇਸ਼ ਕਰੇ।

وَلَوْ أَلْقَىٰ مَعَاذِيرَهُ 15

16 (ਹੇ ਨਬੀ!) ਤੁਸੀਂ ਇਸ ਕ਼ੁਰਆਨ ਨੂੰ ਛੇਤੀ ਯਾਦ ਕਰਨ ਲਈ ਆਪਣੀ ਜ਼ੁਬਾਨ ਨੂੰ (ਛੇਤੀ ਛੇਤੀ) ਹਰਕਤ ਨਾ ਦਿਓ।

لَا تُحَرِّكْ بِهِ لِسَانَكَ لِتَعْجَلَ بِهِ 16

17. ਇਸ ਨੂੰ (ਤੁਹਾਡੇ ਸੀਨੇ ਵਿਚ) ਜਮ੍ਹਾਂ ਕਰਨਾ ਅਤੇ ਇਸ ਨੂੰ (ਆਪ ਜੀ ਤੋਂ) ਪੜ੍ਹਵਾ ਦੇਣਾ ਸਾਡੇ ਜ਼ਿੰਮੇ ਹੈ।

إِنَّ عَلَيْنَا جَمْعَهُ وَقُرْآنَهُ 17

18 ਜਦੋਂ ਅਸੀਂ ਤੁਹਾਨੂੰ ਇਸ ਨੂੰ ਪੜ੍ਹਵਾ ਚੁੱਕੀਏ ਤਾਂ ਉਸ ਪੜ੍ਹਾਈ ਦੀ ਪਾਲਣਾ ਕਰੋ।

فَإِذَا قَرَأْنَاهُ فَاتَّبِعْ قُرْآنَهُ 18

19 ਫੇਰ ਇਸ ਦੀ ਵਿਆਖਿਆ ਕਰਨਾ ਸਾਡੇ ਜ਼ਿੰਮੇ ਹੈ।

ثُمَّ إِنَّ عَلَيْنَا بَيَانَهُ 19

20 ਉੱਕਾ ਹੀ ਨਹੀਂ! ਸਗੋਂ ਤੁਸੀਂ ਲੋਕ ਤਾਂ ਦੁਨੀਆਂ ਨੂੰ ਹੀ ਪਸੰਦ ਕਰਦੇ ਹੋ।

كَلَّا بَلْ تُحِبُّونَ الْعَاجِلَةَ 20

21. ਅਤੇ ਆਖ਼ਿਰਤ (ਦੀ ਫ਼ਿਕਰ) ਨੂੰ ਛੱਡ ਦਿੰਦੇ ਹੋ।

وَتَذَرُونَ الْآخِرَةَ 21

22. ਉਸ (ਕਿਆਮਤ) ਦਿਹਾੜੇ ਕਈ ਚਿਹਰੇ ਲਹਿ-ਲਹਿ ਕਰਦੇ ਹੋਣਗੇ।	وُجُوهٌ يَوْمَئِذٍ نَّاضِرَةٌ ﴿22﴾
23. ਆਪਣੇ ਰੱਬ ਵੱਲ ਵੇਖ ਰਹੇ ਹੋਣਗੇ।	إِلَىٰ رَبِّهَا نَاظِرَةٌ ﴿23﴾
24. ਉਸ (ਕਿਆਮਤ) ਦਿਹਾੜੇ ਕਈ ਚਿਹਰੇ ਉਦਾਸ ਹੋਣਗੇ।	وَوُجُوهٌ يَوْمَئِذٍ بَاسِرَةٌ ﴿24﴾
25. ਉਹ ਸਮਝਣਗੇ ਕਿ ਉਹਨਾਂ ਨਾਲ ਲੱਕ-ਤੋੜ (ਭਾਵ ਅਤਿ ਕਰੜਾਈ ਵਾਲਾ) ਵਰਤਾਓ ਹੋਣ ਵਾਲਾ ਹੈ।	تَظُنُّ أَن يُفْعَلَ بِهَا فَاقِرَةٌ ﴿25﴾
26. ਉੱਕਾ ਹੀ ਨਹੀਂ! ਜਦੋਂ (ਜਾਨ) ਘੰਡੀ ਤਕ ਆ ਪਹੁੰਚੇਗੀ।	كَلَّا إِذَا بَلَغَتِ التَّرَاقِيَ ﴿26﴾
27. ਅਤੇ ਕਿਹਾ ਜਾਵੇਗਾ ਕਿ ਕੌਣ ਹੈ ਝਾੜ-ਫੂਕ ਕਰਨ ਵਾਲਾ?	وَقِيلَ مَنْ ۜ رَاقٍ ﴿27﴾
28. ਅਤੇ ਉਹ ਸਮਝ ਲਵੇਗਾ ਕਿ ਇਹ (ਸੰਸਾਰ ਤੋਂ) ਵਿਛੋੜੇ ਦਾ ਸਮਾਂ ਹੈ।	وَظَنَّ أَنَّهُ الْفِرَاقُ ﴿28﴾
29. ਪਿੰਨੀ ਨਾਲ ਪਿੰਨੀ ਜੁੜ ਜਾਵੇਗੀ।[1]	وَالْتَفَّتِ السَّاقُ بِالسَّاقِ ﴿29﴾
30. ਉਸ ਦਿਹਾੜੇ ਤੁਹਾਡੇ ਰੱਬ ਵੱਲ ਚਲਣਾ ਹੋਵੇਗਾ।	إِلَىٰ رَبِّكَ يَوْمَئِذٍ الْمَسَاقُ ﴿30﴾
31. ਨਾ ਤਾਂ ਉਸ ਨੇ (ਸੰਸਾਰ ਵਿਚ ਹੱਕ ਦੀ) ਪੁਸ਼ਟੀ ਕੀਤੀ ਅਤੇ ਨਾ ਹੀ ਨਮਾਜ਼ ਪੜ੍ਹੀ।	فَلَا صَدَّقَ وَلَا صَلَّىٰ ﴿31﴾
32. ਸਗੋਂ ਉਸ ਨੇ ਤਾਂ ਹੱਕ ਨੂੰ ਝੁਠਲਾਇਆ ਅਤੇ ਮੂੰਹ ਮੋੜ ਲਿਆ।	وَلَٰكِن كَذَّبَ وَتَوَلَّىٰ ﴿32﴾
33. ਫੇਰ ਉਹ ਆਪਣੇ ਪਰਿਵਾਰ ਕੋਲ ਆਕੜਦਾ ਹੋਇਆ ਗਿਆ।	ثُمَّ ذَهَبَ إِلَىٰ أَهْلِهِ يَتَمَطَّىٰ ﴿33﴾
34. ਸੋ ਅੱਜ ਤੇਰੇ ਲਈ ਬਰਬਾਦੀ ਹੀ ਬਰਬਾਦੀ ਹੈ।	أَوْلَىٰ لَكَ فَأَوْلَىٰ ﴿34﴾

[1] ਇਸ ਦਾ ਅਰਥ ਇਹ ਵੀ ਹੋ ਸਕਦਾ ਹੈ ਕਿ ਉਹਨਾਂ ਦੀ ਘਬਰਾਹਟ ਵਿਚ ਹੋਰ ਵੀ ਵਿਪਤਾ ਦਾ ਵਾਧਾ ਹੋ ਜਾਵੇਗਾ ਭਾਵ ਮੌਤ ਤੇ ਮੌਤ ਮਗਰੋਂ ਹੋਣ ਵਾਲੀ ਘਬਰਾਹਟ ਤੇ ਪਰੇਸ਼ਾਨੀ। (ਤਫ਼ਸੀਰ ਤਿਬਰੀ, ਹਦੀਸ: 243/29)

ثُمَّ أَوْلَىٰ لَكَ فَأَوْلَىٰ ﴿٣٥﴾

35 ਬਰਬਾਦੀ ਹੀ ਬਰਬਾਦੀ ਹੈ ਤੇਰੇ ਲਈ।

أَيَحْسَبُ الْإِنسَانُ أَن يُتْرَكَ سُدًى ﴿٣٦﴾

36 ਕੀ ਮਨੁੱਖ ਸਮਝਦਾ ਹੈ ਕਿ ਉਸ ਨੂੰ ਐਵੇਂ ਹੀ (ਭਾਵ ਬਿਨਾਂ ਹਿਸਾਬ ਕਿਤਾਬ ਤੋਂ) ਛੱਡ ਦਿੱਤਾ ਜਾਵੇਗਾ।

أَلَمْ يَكُ نُطْفَةً مِّن مَّنِيٍّ يُمْنَىٰ ﴿٣٧﴾

37 ਕੀ ਉਹ ਵੀਰਜ ਦੀ ਇਕ ਬੂੰਦ ਨਹੀਂ ਸੀ ਜਿਹੜੀ (ਮਾਂ ਦੇ) ਗਰਭ ਵਿਚ ਟਪਕਾਈ ਜਾਂਦੀ ਹੈ।

ثُمَّ كَانَ عَلَقَةً فَخَلَقَ فَسَوَّىٰ ﴿٣٨﴾

38. ਫੇਰ ਉਹ ਲੋਥੜਾ ਬਣਿਆ, ਫੇਰ ਅੱਲਾਹ ਨੇ ਉਸ ਨੂੰ ਪੈਦਾ ਕੀਤਾ ਅਤੇ ਉਸ ਦੇ ਅੰਗ ਠੀਕ ਠਾਕ ਕੀਤੇ।[1]

فَجَعَلَ مِنْهُ الزَّوْجَيْنِ الذَّكَرَ وَالْأُنثَىٰ ﴿٣٩﴾

39 ਫੇਰ ਉਸ ਤੋਂ ਨਰ ਤੇ ਮਦੀਨ ਦਾ ਜੋੜਾ ਬਣਾਇਆ।

أَلَيْسَ ذَٰلِكَ بِقَادِرٍ عَلَىٰ أَن يُحْيِيَ الْمَوْتَىٰ ﴿٤٠﴾

40. ਫੇਰ ਕੀ ਉਹ (ਅੱਲਾਹ) ਇਸ ਦੀ ਸਮਰਥਾ ਨਹੀਂ ਰੱਖਦਾ ਕਿ ਮੁਰਦਿਆਂ ਨੂੰ ਜਿਊਂਦਾ ਕਰ ਦੇਵੇ।

76. ਸੂਰਤ ਅਦ-ਦਹਰ (ਮੱਕੀ-98)

سُورَةُ الدَّهْرِ

(ਆਇਤਾਂ 31, ਰੁਕੂਅ 2)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

هَلْ أَتَىٰ عَلَى الْإِنسَانِ حِينٌ مِّنَ الدَّهْرِ لَمْ يَكُن شَيْئًا مَّذْكُورًا ﴿١﴾

1 ਜ਼ਰੂਰ ਹੀ ਮਨੁੱਖ ਉੱਤੇ ਅਨੰਤ ਕਾਲ ਦਾ ਇਕ ਅਜਿਹਾ ਸਮਾਂ ਵੀ ਬੀਤ ਚੁੱਕਾ ਹੈ ਜਦੋਂ ਉਹ ਕੋਈ ਵਰਣਨ ਯੋਗ ਚੀਜ਼ ਨਹੀਂ ਸੀ।

إِنَّا خَلَقْنَا الْإِنسَانَ مِن نُّطْفَةٍ أَمْشَاجٍ نَّبْتَلِيهِ فَجَعَلْنَاهُ سَمِيعًا بَصِيرًا ﴿٢﴾

2 ਬੇਸ਼ੱਕ ਅਸੀਂ ਮਨੁੱਖ ਨੂੰ (ਮਰਦ ਤੇ ਔਰਤ ਦੇ) ਰਲੇ ਮਿਲੇ ਵੀਰਜ ਤੋਂ ਸਾਜਿਆ ਹੈ, ਅਸੀਂ ਉਸ ਨੂੰ ਪਰਖਣਾ ਚਾਹੁੰਦੇ ਹਾਂ ਇਸ ਲਈ ਅਸੀਂ ਉਸ ਨੂੰ

---

1 ਵੇਖੋ ਸੂਰਤ ਅਲ-ਹੱਜ, ਹਾਸ਼ੀਆ ਆਇਤ 5/22

ਸੁਣਨ ਵਾਲਾ ਅਤੇ ਵੇਖਣ ਵਾਲਾ ਬਣਾ ਦਿੱਤਾ।

3. ਅਸੀਂ ਉਸ ਨੂੰ ਸਿੱਧੇ ਰਾਹ ਦੀ ਹਿਦਾਇਤ ਬਖ਼ਸ਼ੀ ਹੁਣ ਭਾਵੇਂ ਉਹ ਸ਼ੁਕਰਗੁਜ਼ਾਰ ਹੋਵੇ ਜਾਂ ਨਾ-ਸ਼ੁਕਰਾ।

إِنَّا هَدَيْنَاهُ السَّبِيلَ إِمَّا شَاكِرًا وَإِمَّا كَفُورًا ﴿٣﴾

4. ਨਿਰਸੰਦੇਹ, ਅਸੀਂ ਕਾਫ਼ਿਰਾਂ ਲਈ ਜ਼ੰਜੀਰਾਂ, ਸੰਗਲ ਤੇ ਭੜਕਦੀ ਹੋਈ ਅੱਗ ਤਿਆਰ ਕਰ ਰੱਖੀ ਹੈ।

إِنَّا أَعْتَدْنَا لِلْكَافِرِينَ سَلَاسِلَا وَأَغْلَالًا وَسَعِيرًا ﴿٤﴾

5. ਬੇਸ਼ੱਕ ਨੇਕ ਲੋਕ (ਸਵਰਗ ਵਿਚ) ਅਜਿਹੇ ਜਾਮ ਤੋਂ (ਸ਼ਰਾਬ) ਪੀਣਗੇ ਜਿਸ ਵਿਚ ਕਪੂਰ ਜਲ ਦਾ ਰਲਾ ਹੋਵੇਗਾ।

إِنَّ الْأَبْرَارَ يَشْرَبُونَ مِن كَأْسٍ كَانَ مِزَاجُهَا كَافُورًا ﴿٥﴾

6. ਉਹ ਇਕ ਚਸ਼ਮਾ ਹੈ ਜਿਸ ਵਿੱਚੋਂ ਅੱਲਾਹ ਦੇ ਨੇਕ ਬੰਦੇ (ਸ਼ਰਾਬ) ਪੀਣਗੇ ਅਤੇ ਜਿੱਥੇ ਵੀ ਚਾਹੁੰਣਗੇ ਉਸ ਦੀਆਂ ਸ਼ਾਖਾਂ ਕੱਢ ਲੈਣਗੇ।

عَيْنًا يَشْرَبُ بِهَا عِبَادُ اللَّهِ يُفَجِّرُونَهَا تَفْجِيرًا ﴿٦﴾

7. ਉਹ (ਸੰਸਾਰ ਵਿਚ) ਆਪਣੀਆਂ ਸੁੱਖਾਂ ਪੂਰੀਆਂ ਕਰਦੇ ਹਨ ਅਤੇ ਉਸ ਦਿਹਾੜ੍ਹਿਓਂ ਡੈ ਭੀਤ ਰਹਿੰਦੇ ਹਨ ਜਿਸ ਦੀ ਬਿਪਤਾ (ਚਾਰੇ ਪਾਸੇ) ਫੈਲ਼ੀ ਹੋਈ ਹੋਵੇਗੀ।

يُوفُونَ بِالنَّذْرِ وَيَخَافُونَ يَوْمًا كَانَ شَرُّهُ مُسْتَطِيرًا ﴿٧﴾

8. ਅਤੇ ਅੱਲਾਹ ਦੀ ਮੁਹੱਬਤ ਵਿਚ ਮੁਥਾਜਾਂ, ਯਤੀਮਾਂ ਅਤੇ ਕੈਦੀਆਂ ਨੂੰ ਭੋਜਨ ਖੁਆਉਂਦੇ ਸੀ।

وَيُطْعِمُونَ الطَّعَامَ عَلَىٰ حُبِّهِ مِسْكِينًا وَيَتِيمًا وَأَسِيرًا ﴿٨﴾

9. (ਅਤੇ ਆਖਦੇ ਹਨ ਕਿ) ਅਸੀਂ ਤੁਹਾਨੂੰ ਕੇਵਲ ਅੱਲਾਹ (ਨੂੰ ਖ਼ੁਸ਼ ਕਰਨ) ਲਈ ਖਾਣਾ ਖੁਆ ਰਹੇ ਹਾਂ। ਅਸੀਂ ਤੁਹਾਥੋਂ ਨਾ ਤਾਂ ਇਸ ਦਾ ਕੋਈ ਬਦਲਾ ਚਾਹੁੰਦੇ ਹਾਂ ਤੇ ਨਾ ਹੀ ਚਾਹੁੰਦੇ ਹਾਂ ਕਿ ਤੁਸੀਂ ਸਾਡਾ ਧੰਨਵਾਦ ਕਰੋ।

إِنَّمَا نُطْعِمُكُمْ لِوَجْهِ اللَّهِ لَا نُرِيدُ مِنكُمْ جَزَاءً وَلَا شُكُورًا ﴿٩﴾

10. ਅਸੀਂ ਤਾਂ ਆਪਣੇ ਰੱਬ ਤੋਂ ਚਿਹਰੇ ਵਿਗਾੜ ਦੇਣ ਵਾਲੇ ਅਤਿਅੰਤ ਕਰੜੇ ਦਿਹਾੜੇ (ਭਾਵ ਕਿਆਮਤ) ਦਾ ਡਰ ਖਾਂਦੇ ਹਾਂ।

إِنَّا نَخَافُ مِن رَّبِّنَا يَوْمًا عَبُوسًا قَمْطَرِيرًا ﴿١٠﴾

11. ਸੋ ਅੱਲਾਹ ਉਹਨਾਂ ਨੂੰ ਉਸ ਦਿਹਾੜੇ ਦੇ ਅਜ਼ਾਬ ਤੋਂ ਬਚਾ ਲਵੇਗਾ ਅਤੇ ਉਹਨਾਂ ਨੂੰ ਤਾਜ਼ਗੀ ਤੇ ਆਨੰਦ ਨਾਲ ਨਵਾਜ਼ੇਗਾ।

فَوَقٰهُمُ اللّٰهُ شَرَّ ذٰلِكَ الْيَوْمِ وَلَقّٰهُمْ نَضْرَةً وَّسُرُوْرًا 11

12 ਅਤੇ ਉਹਨਾਂ ਦੇ ਸਬਰ ਦੇ ਬਦਲੇ ਉਹਨਾਂ ਨੂੰ ਜੰਨਤ ਅਤੇ ਰੇਸ਼ਮੀ ਵਸਤਰ ਦੇਵਾਂਗਾ।

وَجَزٰىهُمْ بِمَا صَبَرُوْا جَنَّةً وَّحَرِيْرًا 12

13 ਉਹ ਜੰਨਤ ਵਿਖੇ ਸਿੰਘਾਸਣਾਂ ਉੱਤੇ ਤਕੀਏ ਲਾਈਂ ਬੈਠੇ ਹੋਣਗੇ, ਉੱਥੇ ਨਾ ਧੁੱਪ ਵੇਖਣਗੇ ਤੇ ਨਾ ਹੀ ਠਾਰੀ ਹੋਵੇਗੀ।

مُّتَّكِـِٕيْنَ فِيْهَا عَلَى الْاَرَآىِٕكِ لَا يَرَوْنَ فِيْهَا شَمْسًا وَّلَا زَمْهَرِيْرًا 13

14 ਅਤੇ ਜੰਨਤ ਦੀਆਂ ਛਾਵਾਂ ਉਹਨਾਂ 'ਤੇ ਝੁਕੀਆਂ ਹੋਣਗੀਆਂ ਅਤੇ ਉਸ ਦੇ ਫਲਾਂ ਦੇ ਗੁੱਛੇ ਉਹਨਾਂ ਦੀ ਪਹੁੰਚ ਹੇਠ ਕਰ ਦਿੱਤੇ ਜਾਣਗੇ।

وَدَانِيَةً عَلَيْهِمْ ظِلٰلُهَا وَذُلِّلَتْ قُطُوْفُهَا تَذْلِيْلًا 14

15 ਅਤੇ ਉਹਨਾਂ ਦੇ ਅੱਗੇ ਚਾਂਦੀ ਦੇ ਭਾਂਡੇ ਤੇ ਸ਼ੀਸ਼ੇ ਦੇ ਪਿਆਲੇ ਘੁਮਾਏ ਜਾ ਰਹੇ ਹੋਣਗੇ।

وَيُطَافُ عَلَيْهِمْ بِاٰنِيَةٍ مِّنْ فِضَّةٍ وَّاَكْوَابٍ كَانَتْ قَوَارِيْرَا 15

16 ਸ਼ੀਸ਼ੇ ਵੀ ਉਹ ਜਿਹੜੇ ਚਾਂਦੀ (ਦੀ ਕਿਸਮ) ਦੇ ਹੋਣਗੇ ਅਤੇ (ਸਾਕੀ) ਉਹਨਾਂ ਨੂੰ ਠੀਕ ਅੰਦਾਜ਼ੇ ਸਿਰ (ਭਾਵ ਚੰਗੀ ਤਰ੍ਹਾਂ) ਭਰਣਗੇ।

قَوَارِيْرَا۟ مِنْ فِضَّةٍ قَدَّرُوْهَا تَقْدِيْرًا 16

17 ਉੱਥੇ ਉਹਨਾਂ ਨੂੰ ਅਜਿਹੇ ਜਾਮ (ਸ਼ਰਾਬ ਦੇ) ਪਿਆਏ ਜਾਣਗੇ ਜਿਨ੍ਹਾਂ ਵਿਚ ਸੁੰਢ ਦਾ ਰਲਾ ਹੋਵੇਗਾ।

وَيُسْقَوْنَ فِيْهَا كَاْسًا كَانَ مِزَاجُهَا زَنْجَبِيْلًا 17

18. ਇਹ ਜੰਨਤ ਦਾ ਇਕ ਚਸ਼ਮਾ ਹੈ ਜਿਸ ਨੂੰ 'ਸਲਸਬੀਲ' ਦਾ ਨਾਂ ਦਿੱਤਾ ਗਿਆ ਹੈ।

عَيْنًا فِيْهَا تُسَمّٰى سَلْسَبِيْلًا 18

19. ਉਹਨਾਂ ਦੀ ਸੇਵਾ ਲਈ ਮੁੰਡੇ ਫਿਰ ਰਹੇ ਹੋਣਗੇ, ਜਿਹੜੇ ਸਦਾ ਮੁੰਡੇ ਹੀ ਰਹਿਣਗੇ, ਜਦੋਂ ਤੁਸੀਂ ਉਹਨਾਂ ਨੂੰ ਵੇਖੋਗੇ ਤਾਂ ਉਹਨਾਂ ਨੂੰ ਖਿਲਰੇ ਹੋਏ ਮੋਤੀ ਸਮਝੋਗੇ।

وَيَطُوْفُ عَلَيْهِمْ وِلْدَانٌ مُّخَلَّدُوْنَ
اِذَا رَاَيْتَهُمْ حَسِبْتَهُمْ لُؤْلُؤًا مَّنْثُوْرًا 19

20. ਜਦੋਂ ਤੁਸੀਂ ਉੱਥੇ ਜਿੱਧਰ ਵੀ ਵੇਖੋਗੇ ਨਿਆਮਤਾਂ ਹੀ ਨਿਆਮਤਾਂ ਅਤੇ ਇਕ ਵੱਡੀ ਪਾਤਸ਼ਾਹੀ ਵੇਖੋਗੇ।

وَاِذَا رَاَيْتَ ثَمَّ رَاَيْتَ نَعِيْمًا وَّمُلْكًا كَبِيْرًا 20

21. ਉਹਨਾਂ ਦੇ (ਸਰੀਰ) ਉੱਤੇ ਬਰੀਕ ਹਰੇ ਰੰਗ ਦੇ ਰੇਸ਼ਮੀ ਬਸਤਰ ਹੋਣਗੇ, ਅਤੇ ਉਹਨਾਂ ਨੂੰ ਚਾਂਦੀ ਦੇ ਕੰਗਣ ਪਹਿਨਾਏ ਜਾਣਗੇ ਅਤੇ ਉਹਨਾਂ ਦਾ ਰੱਬ ਉਹਨਾਂ ਨੂੰ ਪਵਿੱਤਰ ਸ਼ਰਾਬ ਪਿਆਏਗਾ।

عٰلِيَهُمْ ثِيَابُ سُنْدُسٍ خُضْرٌ وَّاِسْتَبْرَقٌ ۡ
وَّحُلُّوْٓا اَسَاوِرَ مِنْ فِضَّةٍ ۚ وَسَقٰىهُمْ رَبُّهُمْ
شَرَابًا طَهُوْرًا ﴿21﴾

22. (ਆਖਿਆ ਜਾਵੇਗਾ) ਇਹ ਤੁਹਾਡਾ (ਨੇਕੀਆਂ ਦਾ) ਬਦਲਾ ਹੈ ਅਤੇ ਤੁਹਾਡੀਆਂ ਕੋਸ਼ਿਸ਼ਾਂ ਇਸ ਯੋਗ ਹਨ ਕਿ ਉਹਨਾਂ ਦੀ ਕਦਰ ਕੀਤੀ ਜਾਵੇ।

اِنَّ هٰذَا كَانَ لَكُمْ جَزَآءً وَّكَانَ سَعْيُكُمْ
مَّشْكُوْرًا ﴿22﴾

23. ਬੇਸ਼ੱਕ ਅਸੀਂ ਹੀ ਤੁਹਾਡੇ ਉੱਤੇ (ਹੇ ਮੁਹੰਮਦ!) ਇਹ ਕੁਰਆਨ ਥੋੜ੍ਹਾ ਥੋੜ੍ਹਾ ਕਰਕੇ ਉਤਾਰਿਆ ਹੈ।

اِنَّا نَحْنُ نَزَّلْنَا عَلَيْكَ الْقُرْاٰنَ تَنْزِيْلًا ﴿23﴾

24. ਸੋ ਤੁਸੀਂ ਆਪਣੇ ਰੱਬ ਦੇ ਹੁਕਮ ਉੱਤੇ ਸਬਰ ਕਰੋ ਭਾਵ ਦ੍ਰਿੜਤਾ ਨਾਲ ਜਮੇਂ ਰਹੋ ਅਤੇ ਇਹਨਾਂ ਵਿੱਚੋਂ ਕਿਸੇ ਪਾਪੀ ਜਾਂ ਨਾ-ਸ਼ੁਕਰੇ ਦੇ ਪਿੱਛੇ ਨਾ ਲੱਗੋ।

فَاصْبِرْ لِحُكْمِ رَبِّكَ وَلَا تُطِعْ مِنْهُمْ اٰثِمًا
اَوْ كَفُوْرًا ﴿24﴾

25. ਸਵੇਰੇ-ਸ਼ਾਮ (ਭਾਵ ਹਰ ਵੇਲੇ) ਆਪਣੇ ਰੱਬ ਦੇ ਨਾਮ ਦਾ ਸਿਮਰਨ ਕਰੋ।

وَاذْكُرِ اسْمَ رَبِّكَ بُكْرَةً وَّاَصِيْلًا ﴿25﴾

26. ਅਤੇ ਰਾਤ ਦੇ ਕਿਸੇ ਸਮੇਂ ਉਸੇ ਨੂੰ ਸਿਜਦੇ ਕਰੋ ਅਤੇ ਰਾਤ ਰਹਿੰਦੇ ਤਕ ਉਸ ਦੀ ਤਸਬੀਹ ਕਰਦੇ ਰਹੋ।

وَمِنَ الَّيْلِ فَاسْجُدْ لَهٗ وَسَبِّحْهُ لَيْلًا طَوِيْلًا ﴿26﴾

27. ਬੇਸ਼ੱਕ ਇਹ (ਇਨਕਾਰੀ) ਲੋਕ ਦੁਨੀਆਂ ਨਾਲ ਮੋਹ ਰੱਖਦੇ ਹਨ ਅਤੇ ਭਾਰੀ ਦਿਨ (ਕਿਆਮਤ) ਨੂੰ ਅੱਖੋਂ ਪਰੋਖੇ ਕਰ ਦਿੰਦੇ ਹਨ।

اِنَّ هٰٓؤُلَآءِ يُحِبُّوْنَ الْعَاجِلَةَ وَيَذَرُوْنَ
وَرَآءَهُمْ يَوْمًا ثَقِيْلًا ﴿27﴾

28. ਅਸੀਂ ਹੀ ਇਹਨਾਂ ਨੂੰ ਸਾਜਿਆ ਹੈ ਤੇ ਇਹਨਾਂ ਦੇ ਜੋੜ-ਬੰਦ ਪੱਕੇ ਕੀਤੇ ਹਨ, ਜਦੋਂ ਅਸੀਂ ਚਾਹੀਏ ਇਹਨਾਂ ਵਰਗੇ ਹੋਰ ਲੋਕ ਲਿਆਈਏ।

نَحْنُ خَلَقْنٰهُمْ وَشَدَدْنَآ اَسْرَهُمْ ۚ وَاِذَا شِئْنَا
بَدَّلْنَآ اَمْثَالَهُمْ تَبْدِيْلًا ﴿28﴾

29. ਬੇਸ਼ੱਕ ਇਹ (ਕੁਰਆਨ) ਇਕ ਨਸੀਹਤ ਹੈ ਹੁਣ ਜਿਹੜਾ ਚਾਹਵੇ ਆਪਣੇ ਰੱਬ ਵੱਲ (ਜਾਣ ਵਾਲੀ) ਰਾਹ ਫੜ ਲਵੇ।

اِنَّ هٰذِهٖ تَذْكِرَةٌ ۚ فَمَنْ شَآءَ اتَّخَذَ اِلٰى رَبِّهٖ
سَبِيْلًا ﴿29﴾

30 ਤੁਹਾਡੇ ਚਾਹੁਣ ਨਾਲ ਕੁੱਝ ਨਹੀਂ ਹੁੰਦਾ, ਜਦੋਂ ਤਕ ਅੱਲਾਹ ਹੀ ਨਾ ਚਾਹੇ। ਬੇਸ਼ੱਕ ਅੱਲਾਹ ਜਾਣਨਹਾਰ ਅਤੇ ਯੁਕਤੀਮਾਨ ਹੈ।

وَمَا تَشَاءُونَ إِلَّا أَنْ يَشَاءَ اللَّهُ ۚ إِنَّ اللَّهَ كَانَ عَلِيمًا حَكِيمًا ﴿٣٠﴾

31 ਉਹ ਜਿਸ ਨੂੰ ਚਾਹੁੰਦਾ ਹੈ ਆਪਣੀ ਮਿਹਰਾਂ ਵਿਚ ਦਾਖ਼ਲ ਕਰਦਾ ਹੈ ਅਤੇ ਜ਼ਾਲਮਾਂ ਲਈ ਉਸ ਨੇ ਦਰਦਨਾਕ ਅਜ਼ਾਬ ਤਿਆਰ ਕਰ ਰੱਖਿਆ ਹੈ।

يُدْخِلُ مَنْ يَشَاءُ فِي رَحْمَتِهِ ۚ وَالظَّالِمِينَ أَعَدَّ لَهُمْ عَذَابًا أَلِيمًا ﴿٣١﴾

77. ਸੂਰਤ ਅਲ-ਮੁਰਸਲਾਤ (ਮੱਕੀ-33)

سُورَةُ الْمُرْسَلَاتِ

(ਆਇਤਾਂ 50, ਰੁਕੂਅ 2)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਲਗਾਤਾਰ ਭੇਜੀਆਂ ਗਈਆਂ ਹਵਾਵਾਂ ਦੀ ਸਹੁੰ।

وَالْمُرْسَلَاتِ عُرْفًا ﴿١﴾

2. ਫੇਰ ਤੇਜ਼ ਚੱਲਣ ਵਾਲੀਆਂ ਤੂਫ਼ਾਨੀ ਹਵਾਵਾਂ ਦੀ ਸਹੁੰ।

فَالْعَاصِفَاتِ عَصْفًا ﴿٢﴾

3 ਅਤੇ ਮੀਂਹ ਬਰਸਾਉਣ ਵਾਲੇ ਬੱਦਲਾਂ ਨੂੰ ਫੈਲਾਉਣ ਵਾਲੀਆਂ ਹਵਾਵਾਂ ਦੀ ਸਹੁੰ।

وَالنَّاشِرَاتِ نَشْرًا ﴿٣﴾

4 ਫੇਰ ਉਹਨਾਂ ਨੂੰ ਪਾੜ ਕੇ ਅੱਡੋ-ਅੱਡ ਕਰਨ ਵਾਲੀਆਂ ਹਵਾਵਾਂ ਦੀ ਸਹੁੰ।

فَالْفَارِقَاتِ فَرْقًا ﴿٤﴾

5. ਫੇਰ ਜ਼ਿਕਰ (ਭਾਵ ਕੁਰਆਨ) ਉਤਾਰਨ ਵਾਲੇ ਫ਼ਰਿਸ਼ਤਿਆਂ ਦੀ ਸਹੁੰ।

فَالْمُلْقِيَاتِ ذِكْرًا ﴿٥﴾

6 ਜੋ ਬਹਾਨੇ ਖ਼ਤਮ ਕਰਨ ਲਈ ਜਾਂ ਡਰ ਸੁਣਾਉਣ ਲਈ ਹੈ।

عُذْرًا أَوْ نُذْرًا ﴿٦﴾

7. ਬੇਸ਼ੱਕ ਤੁਹਾਡੇ ਨਾਲ ਜਿਸ (ਕਿਆਮਤ) ਦਾ ਵਾਅਦਾ ਕੀਤਾ ਜਾ ਰਿਹਾ ਹੈ ਉਹ ਜ਼ਰੂਰ ਹੀ ਵਾਪਰ ਕੇ ਰਹੇਗੀ।

إِنَّمَا تُوعَدُونَ لَوَاقِعٌ ﴿٧﴾

فَإِذَا النُّجُومُ طُمِسَتْ ﴿٨﴾

8. ਜਦੋਂ ਤਾਰੇ ਬੇ-ਨੂਰ ਕਰ ਦਿੱਤੇ ਜਾਣਗੇ।

وَإِذَا السَّمَاءُ فُرِجَتْ ﴿٩﴾

9. ਜਦੋਂ ਅਕਾਸ਼ ਪਾਟ ਦਿੱਤਾ ਜਾਵੇਗਾ।

وَإِذَا الْجِبَالُ نُسِفَتْ ﴿١٠﴾

10. ਜਦੋਂ ਪਹਾੜਾਂ ਦੀਆਂ ਧੱਜੀਆਂ ਉਡਾ ਦਿੱਤੀਆਂ ਜਾਣਗੀਆਂ।

وَإِذَا الرُّسُلُ أُقِّتَتْ ﴿١١﴾

11. ਜਦੋਂ ਪੈਗ਼ੰਬਰਾਂ ਨੂੰ ਨਿਯਤ ਸਮੇਂ ਲਿਆਇਆ ਜਾਵੇਗਾ।

لِأَيِّ يَوْمٍ أُجِّلَتْ ﴿12﴾

12. (ਆਖਿਆ ਜਾਵੇਗਾ) ਜਿਹੜੇ ਦਿਨ ਲਈ ਉਹਨਾਂ (ਦੀ ਗਵਾਹੀ) ਨੂੰ ਅਗਾਂਹ ਪਾਇਆ ਗਿਆ ਸੀ?

لِيَوْمِ الْفَصْلِ ﴿١٣﴾

13. ਫ਼ੈਸਲੇ ਦੇ ਦਿਨ (ਭਾਵ ਕਿਆਮਤ) ਲਈ?

وَمَا أَدْرَاكَ مَا يَوْمُ الْفَصْلِ ﴿14﴾

14. ਤੁਸੀਂ ਕੀ ਜਾਣੋਂ ਕਿ ਫ਼ੈਸਲੇ ਦਾ ਦਿਨ ਕੀ ਹੈ?

وَيْلٌ يَوْمَئِذٍ لِّلْمُكَذِّبِينَ ﴿١٥﴾

15. ਉਸ ਦਿਹਾੜੇ ਝੁਠਲਾਉਣ ਵਾਲਿਆਂ ਲਈ ਬਰਬਾਦੀ ਹੈ

أَلَمْ نُهْلِكِ الْأَوَّلِينَ ﴿١٦﴾

16. ਕੀ ਅਸੀਂ ਪਹਿਲੇ ਲੋਕਾਂ ਨੂੰ ਹਲਾਕ ਨਹੀਂ ਸੀ ਕੀਤਾ?

ثُمَّ نُتْبِعُهُمُ الْآخِرِينَ ﴿17﴾

17. ਫੇਰ ਅਸੀਂ ਉਹਨਾਂ ਬਰਬਾਦ ਹੋਏ ਲੋਕਾਂ ਦੇ ਪਿਛਲਿਆਂ ਨੂੰ ਉਹਨਾਂ ਦੇ ਮਗਰੋਂ ਬਰਬਾਦ ਕਰ ਦਿਆਂਗੇ।

كَذَٰلِكَ نَفْعَلُ بِالْمُجْرِمِينَ ﴿18﴾

18. ਅਸੀਂ ਅਪਰਾਧੀਆਂ ਨਾਲ ਇਹੋ ਕੁੱਝ ਕਰਦੇ ਹਾਂ।

وَيْلٌ يَوْمَئِذٍ لِّلْمُكَذِّبِينَ ﴿19﴾

19. ਉਸ ਦਿਨ ਝੁਠਲਾਉਣ ਵਾਲਿਆਂ ਲਈ ਤਬਾਹੀ ਹੋਵੇਗੀ।

أَلَمْ نَخْلُقكُّم مِّن مَّاءٍ مَّهِينٍ ﴿20﴾

20. ਕੀ ਅਸੀਂ ਤੁਹਾਨੂੰ ਇਕ ਤੁੱਛ ਜਿਹੇ ਵੀਰਜ ਤੋਂ ਪੈਦਾ ਨਹੀਂ ਕੀਤਾ?

فَجَعَلْنَاهُ فِي قَرَارٍ مَّكِينٍ ﴿21﴾

21. ਫੇਰ ਅਸੀਂ ਉਸ ਵੀਰਜ ਨੂੰ ਇਕ ਸੁਰੱਖਿਅਤ ਥਾਂ ਰੱਖਿਆ।

إِلَىٰ قَدَرٍ مَّعْلُومٍ ﴿22﴾

22. ਅਤੇ ਇਕ ਨਿਸ਼ਚਿਤ ਸਮੇਂ ਲਈ (ਗਰਭ ਵਿਚ) ਰੱਖਿਆ।

فَقَدَرْنَا فَنِعْمَ الْقَادِرُونَ ﴿23﴾

23. ਅਸੀਂ ਇਸ ਦੇ ਸਮਰਥ ਸਾਂ, ਸੋ ਅਸੀਂ ਬਹੁਤ ਚੰਗੀ ਸਮਰਥਾ ਰਖਦੇ ਹਾਂ।

وَيْلٌ يَوْمَئِذٍ لِّلْمُكَذِّبِينَ ﴿24﴾

24. ਉਸ ਦਿਨ (ਹੱਕ ਨੂੰ) ਝੁਠਲਾਉਣ ਵਾਲਿਆਂ ਲਈ ਤਬਾਹੀ ਹੈ।

أَلَمْ نَجْعَلِ الْأَرْضَ كِفَاتًا ﴿25﴾

25. ਕੀ ਅਸੀਂ ਧਰਤੀ ਨੂੰ ਸਮੇਟਨ ਵਾਲੀ ਨਹੀਂ ਬਣਾਇਆ?

أَحْيَاءً وَأَمْوَاتًا ﴿26﴾

26. ਜਿਊਂਦਿਆਂ ਨੂੰ ਤੇ ਮੁਰਦਿਆਂ ਨੂੰ (ਸਮੇਟਨ ਵਾਲੀ)।

وَجَعَلْنَا فِيهَا رَوَاسِيَ شَامِخَاتٍ وَأَسْقَيْنَاكُم مَّاءً فُرَاتًا ﴿27﴾

27. ਅਸੀਂ ਇਸ (ਧਰਤੀ) ਵਿਚ ਮਜ਼ਬੂਤੀ ਨਾਲ ਜੰਮੇ ਹੋਏ ਉੱਚੇ-ਉੱਚੇ ਪਹਾੜ ਬਣਾਏ ਅਤੇ ਤੁਹਾਨੂੰ ਮਿੱਠਾ ਪਾਣੀ ਪਿਆਇਆ।

وَيْلٌ يَوْمَئِذٍ لِّلْمُكَذِّبِينَ ﴿28﴾

28. ਉਸ ਦਿਨ (ਅਜ਼ਾਬ ਨੂੰ) ਝੁਠਲਾਉਣ ਵਾਲਿਆਂ ਲਈ ਤਬਾਹੀ ਹੈ।

انطَلِقُوا إِلَىٰ مَا كُنتُم بِهِ تُكَذِّبُونَ ﴿29﴾

29. (ਆਖਿਆ ਜਾਵੇਗਾ) ਕਿ ਚੱਲੋ ਉਸ (ਅਜ਼ਾਬ) ਵੱਲ ਜਿਸ ਨੂੰ ਤੁਸੀਂ ਝੁਠਲਾਉਂਦੇ ਸੀ।

انطَلِقُوا إِلَىٰ ظِلٍّ ذِي ثَلَاثِ شُعَبٍ ﴿30﴾

30. ਚੱਲੋ! ਉਸ ਪਰਛਾਵੇਂ ਵੱਲ ਜਿਹੜਾ ਤਿੰਨ ਫਾਂਕਾਂ ਵਾਲਾ ਹੈ।

لَّا ظَلِيلٍ وَلَا يُغْنِي مِنَ اللَّهَبِ ﴿31﴾

31. ਜਿਹੜਾ ਨਾ ਠਾਰਨ ਵਾਲਾ ਹੈ, ਤੇ ਨਾ ਹੀ ਅੱਗ ਦੀਆਂ ਲਾਟਾਂ ਤੋਂ ਬਚਾਉਣ ਵਾਲਾ ਹੈ।

إِنَّهَا تَرْمِي بِشَرَرٍ كَالْقَصْرِ ﴿32﴾

32. ਬੇਸ਼ੱਕ ਨਰਕ (ਅੱਗ ਦੇ) ਇੰਨੇ ਵੱਡੇ-ਵੱਡੇ ਅੰਗਿਆਰੇ ਸੁੱਟੇਗੀ ਜਿਵੇਂ ਮਹਿਲ ਹੋਣ।

كَأَنَّهُ جِمَالَتٌ صُفْرٌ ﴿33﴾

33. (ਜਿਹੜੇ ਟੱਪਦੇ ਹੋਏ ਇੰਜ ਜਾਪਣਗੇ) ਜਿਵੇਂ ਕਿ ਉਹ ਪੀਲੇ ਊਠ ਹਨ।

وَيْلٌ يَوْمَئِذٍ لِّلْمُكَذِّبِينَ ﴿34﴾

34. ਅੱਜ ਇਹਨਾਂ ਝੁਠਲਾਉਣ ਵਾਲੀ ਦੀ ਮਾੜੀ ਹਾਲਤ ਹੋਵੇਗੀ।

هَٰذَا يَوْمُ لَا يَنطِقُونَ ﴿35﴾

35. ਇਹ ਉਹ ਦਿਨ ਹੈ ਕਿ ਕੁੱਝ ਬੋਲ ਵੀ ਨਹੀਂ ਸਕਣਗੇ।

وَلَا يُؤْذَنُ لَهُمْ فَيَعْتَذِرُونَ ﴿36﴾

36 ਨਾ ਹੀ ਉਹਨਾਂ ਨੂੰ ਬਹਾਨੇ ਪੇਸ਼ ਕਰਨ ਦੀ ਆਗਿਆ ਹੋਵੇਗੀ।

وَيْلٌ يَوْمَئِذٍ لِّلْمُكَذِّبِينَ ﴿37﴾

37. ਉਸੇ ਦਿਨ ਝੁਠਲਾਉਣ ਵਾਲਿਆਂ ਦੀ ਬਰਬਾਦੀ ਹੋਵੇਗੀ।

هَٰذَا يَوْمُ الْفَصْلِ ۖ جَمَعْنَاكُمْ وَالْأَوَّلِينَ ﴿38﴾

38. ਇਹ ਫ਼ੈਸਲੇ ਦਾ ਦਿਨ ਹੈ, ਅਸੀਂ ਤੁਹਾਨੂੰ ਅਤੇ ਤੁਹਾਥੋਂ ਪਹਿਲਾਂ ਬੀਤ ਚੁੱਕੇ ਲੋਕਾਂ ਨੂੰ ਜਮਾਂ ਕਰਾਂਗੇ।

فَإِن كَانَ لَكُمْ كَيْدٌ فَكِيدُونِ ﴿39﴾

39. ਜੇਕਰ ਤੁਹਾਡੇ ਕੋਲ ਕੋਈ ਚਾਲ ਮੇਰੇ ਵਿਰੁੱਧ ਖੇਡਣ ਲਈ ਹੈ ਤਾਂ ਖੇਡ ਲਓ।

وَيْلٌ يَوْمَئِذٍ لِّلْمُكَذِّبِينَ ﴿40﴾

40. ਉਸ ਦਿਨ ਝੁਠਲਾਉਣ ਵਾਲਿਆਂ ਲਈ ਬਰਬਾਦੀ ਹੈ।

إِنَّ الْمُتَّقِينَ فِي ظِلَالٍ وَعُيُونٍ ﴿41﴾

41. ਬੇਸ਼ੱਕ ਮੁੱਤਕੀ (ਰੱਬ ਦਾ ਡਰ-ਭੈ ਮੰਨਣ ਵਾਲੇ) ਲੋਕ ਠੰਡੀਆਂ ਛਾਵਾਂ ਹੇਠ ਤੇ ਵਗਦੇ ਹੋਏ ਚਸ਼ਮਿਆਂ ਵਿਚ ਹੋਣਗੇ।

وَفَوَاكِهَ مِمَّا يَشْتَهُونَ ﴿42﴾

42. ਅਤੇ ਸੁਆਦਲੇ ਫਲਾਂ ਵਿੱਚੋਂ ਜਿਸ ਤਰ੍ਹਾਂ ਦੇ ਉਹ ਚਾਹੁਣਗੇ (ਫਲ ਹਾਜ਼ਰ ਹੋਣਗੇ)।

كُلُوا وَاشْرَبُوا هَنِيئًا بِمَا كُنتُمْ تَعْمَلُونَ ﴿43﴾

43 (ਆਖਿਆ ਜਾਵੇਗਾ) ਆਨੰਦ ਨਾਲ ਖਾਓ ਤੇ ਪੀਓ ਆਪਣੇ ਉਹਨਾਂ ਕਰਮਾਂ ਦੇ ਬਦਲੇ ਜਿਹੜੇ ਤੁਸੀਂ (ਸੰਸਾਰ ਵਿਚ) ਕਰਦੇ ਸੀ।

إِنَّا كَذَٰلِكَ نَجْزِي الْمُحْسِنِينَ ﴿44﴾

44. ਬੇਸ਼ੱਕ ਅਸੀਂ ਨੇਕ ਲੋਕਾਂ ਨੂੰ ਅਜਿਹਾ ਹੀ ਬਦਲਾ ਦਿਆ ਕਰਦੇ ਹਾਂ।

وَيْلٌ يَوْمَئِذٍ لِّلْمُكَذِّبِينَ ﴿45﴾

45 ਉਸ ਦਿਨ ਝੁਠਲਾਉਣ ਵਾਲਿਆਂ ਲਈ ਤਬਾਹੀ ਹੋਵੇਗੀ।

كُلُوا وَتَمَتَّعُوا قَلِيلًا إِنَّكُم مُّجْرِمُونَ ﴿٤٦﴾

46. (ਹੇ ਝੁਠਲਾਉਣ ਵਾਲਿਓ!) ਤੁਸੀਂ (ਸੰਸਾਰ ਵਿਚ) ਥੋੜ੍ਹੇ ਦਿਨ ਖਾ ਪੀ ਲਓ ਅਤੇ ਆਨੰਦ ਮਾਣ ਲਓ, ਨਿਰਸੰਦੇਹ, ਤੁਸੀਂ ਲੋਕ ਅਪਰਾਧੀ ਹੋ।

وَيْلٌ يَوْمَئِذٍ لِّلْمُكَذِّبِينَ ﴿٤٧﴾

47. ਉਸ ਦਿਨ ਝੁਠਲਾਉਣ ਵਾਲਿਆਂ ਲਈ ਬਰਬਾਦੀ ਹੈ।

وَإِذَا قِيلَ لَهُمُ ارْكَعُوا لَا يَرْكَعُونَ ﴿٤٨﴾

48. ਜਦੋਂ ਉਹਨਾਂ ਨੂੰ ਆਖਿਆ ਜਾਂਦਾ ਹੈ ਕਿ ਰੁਕੂਅ ਕਰੋ (ਭਾਵ ਝੁਕ ਜਾਓ) ਤਾਂ ਉਹ ਰੁਕੂਅ ਨਹੀਂ ਸੀ ਕਰਦੇ।[1]

وَيْلٌ يَوْمَئِذٍ لِّلْمُكَذِّبِينَ ﴿٤٩﴾

49. ਉਸ ਦਿਨ ਝੁਠਲਾਉਣ ਵਾਲਿਆਂ ਲਈ ਬਰਬਾਦੀ ਹੈ।

فَبِأَيِّ حَدِيثٍ بَعْدَهُ يُؤْمِنُونَ ﴿٥٠﴾

50. ਹੁਣ ਇਸ (ਕੁਰਆਨ) ਤੋਂ ਪਿੱਛੋਂ ਉਹ ਕਿਹੜੀ ਗੱਲ ਉੱਤੇ ਈਮਾਨ ਲਿਆਉਣਗੇ?

---

[1] ਰੁਕੂਅ ਤੋਂ ਭਾਵ ਨਮਾਜ਼ ਪੜ੍ਹਨਾ ਹੈ ਅਤੇ ਨਮਾਜ਼ ਪੜ੍ਹਣ ਤੋਂ ਭਾਵ ਮੁਸਲਮਾਨ ਹੋਣਾ ਹੈ, ਕਿਉਂ ਜੋ ਨਮਾਜ਼ ਤੋਂ ਬਿਨਾਂ ਕੋਈ ਮੁਸਲਮਾਨ ਨਹੀਂ ਹੋ ਸਕਦਾ ਇਸ ਲਈ ਮੁਸਲਮਾਨ ਦੀ ਪਛਾਣ ਵਿਚ ਨਮਾਜ਼ ਨੂੰ ਪਹਿਲ ਦਿੱਤੀ ਜਾਂਦੀ ਹੈ। ਜਿਹੜਾ ਵਿਅਕਤੀ ਖ਼ਾਨਾ-ਕਾਅਬਾ ਵੱਲ ਮੂੰਹ ਕਰਕੇ ਨਮਾਜ਼ ਪੜ੍ਹਦਾ ਹੈ ਉਸ ਦੀ ਜਾਨ-ਮਾਲ ਸੁਰੱਖਿਅਤ ਹੋਵੇਗਾ ਜਿਵੇਂ ਕਿ ਹਦੀਸ ਵਿਚ ਹੈ ਕਿ ਮੈਨੂੰ ਹੁਕਮ ਹੋਇਆ ਕਿ ਲੋਕਾਂ ਨਾਲ ਜੰਗ ਕਰਾਂ ਇੱਥੋਂ ਤਕ ਕਿ ਉਹ ਲਾ ਇਲਾਹਾ ਇਲੱਲ ਲਾਹ ਨੂੰ ਮੰਨ ਲੈਣ, ਜਦੋਂ ਉਹ ਇਸ ਕਲਮੇ ਦਾ ਇਕਰਾਰ ਕਰ ਲੈਣ ਹੋਰ ਉਹ ਸਾਡੇ ਵਾਂਗ ਨਮਾਜ਼ ਪੜ੍ਹਣ ਲੱਗ ਜਾਣ ਅਤੇ ਨਮਾਜ਼ ਵਿਚ ਸਾਡੇ ਕਾਅਬੇ ਵੱਲ ਮੂੰਹ ਕਰਨ ਜਿਵੇਂ ਅਸੀਂ ਜ਼ਿਬਹ ਕਰਦੇ ਹਾਂ ਉਸੇ ਤਰ੍ਹਾਂ ਜ਼ਿਬਹ ਕਰਨ ਤਾਂ ਸਾਡੇ ਲਈ ਉਹਨਾਂ ਦੀ ਜਾਨ ਤੇ ਮਾਲ ਹਰਾਮ ਹੋ ਗਈ, ਪਰ ਹੱਕ ਅਨੁਸਾਰ ਹਲਾਲ ਹੈ ਅਤੇ ਇਸ ਦਾ ਹਿਸਾਬ ਅੱਲਾਹ ਦੇ ਜ਼ਿੰਮੇ ਹੈ। ਮੈਮੂਨ ਬਿਨ ਸਿਹਾ ਨੇ ਹਜ਼ਰਤ ਅਨਸ ਬਿਨ ਮਾਲਿਕ ਰਅ ਨੂੰ ਪੁੱਛਿਆ ਕਿ ਕਿਹੜੀ ਚੀਜ਼ ਆਦਮੀ ਦੀ ਜਾਨ ਤੇ ਮਾਲ ਨੂੰ ਹਰਾਮ ਤੇ ਸੁਰੱਖਿਅਤ ਕਰ ਦਿੰਦੀ ਹੈ, ਉਹਨਾਂ ਨੇ ਕਿਹਾ ਕਿ ਜਿਹੜਾ ਕੋਈ ਆਖੇ ਲਾ ਇਲਾਹਾ ਇਲੱਲ ਲਾਹ ਭਾਵ ਗਵਾਹੀ ਦੇਵੇ ਕਿ ਅੱਲਾਹ ਤੋਂ ਛੁੱਟ ਸਾਡਾ ਕੋਈ ਇਸ਼ਟ ਨਹੀਂ ਅਤੇ ਸਾਡੇ ਕਿਬਲੇ ਵੱਲ ਮੂੰਹ ਕਰਕੇ ਅਤੇ ਸਾਡੇ ਵਾਂਗ ਨਮਾਜ਼ ਪੜ੍ਹੇ ਅਤੇ ਸਾਡਾ ਜ਼ਿਬਹ ਕੀਤਾ ਹੋਇਆ ਜਾਨਵਰ ਖਾਵੇ ਤਾਂ ਉਹ ਮੁਸਲਮਾਨ ਹੈ ਅਤੇ ਜਿਹੜਾ ਹੱਕ ਦੂਜੇ ਮੁਸਲਮਾਨਾਂ ਦਾ ਹੈ ਉਹੀਓ ਹੱਕ ਉਸ ਦਾ ਹੈ ਜਿਹੜੇ ਕਰਤੱਵ ਦੂਜੇ ਮੁਸਲਮਾਨਾਂ 'ਤੇ ਲਾਗੂ ਹੁੰਦੇ ਹਨ ਉਹੀਓ ਉਸੇ 'ਤੇ ਹੋਣ। (ਸਹੀ ਬੁਖ਼ਾਰੀ, ਹਦੀਸ 393-392)

78. ਸੂਰਤ ਅਨ-ਨਬਾ (ਮੱਕੀ-80)

سُورَةُ النَّبَإِ

(ਆਇਤਾਂ 40, ਰੁਕੂਅ 2)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਉਹ ਲੋਕ ਆਪੋ ਵਿਚ ਕਿਹੜੀ ਚੀਜ਼ ਬਾਰੇ ਪੁੱਛਦੇ ਹਨ?

عَمَّ يَتَسَاءَلُونَ ١

2. ਕੀ ਉਸ ਵੱਡੀ ਸੂਚਨਾ ਬਾਰੇ?

عَنِ النَّبَإِ الْعَظِيمِ ٢

3. ਜਿਸ ਵਿਚ (ਲੋਕਾਂ ਦੇ) ਵੱਖੋ-ਵੱਖ ਵਿਚਾਰ ਹਨ।

الَّذِي هُمْ فِيهِ مُخْتَلِفُونَ ٣

4 ਉਹ ਛੇਤੀ ਹੀ ਜਾਣ ਲੈਣਗੇ।

كَلَّا سَيَعْلَمُونَ ٤

5 ਹਾਂ! ਉੱਕਾ ਨਹੀਂ, ਛੇਤੀ ਹੀ ਉਹ ਜਾਣ ਲੈਣਗੇ।

ثُمَّ كَلَّا سَيَعْلَمُونَ ٥

6 ਕੀ ਅਸੀਂ ਧਰਤੀ ਨੂੰ ਫ਼ਰਸ਼ ਨਹੀਂ ਬਣਾਇਆ?

أَلَمْ نَجْعَلِ الْأَرْضَ مِهَادًا ٦

7. ਕੀ ਪਹਾੜਾਂ ਨੂੰ ਮੇਖਾਂ ਵਾਂਗ ਨਹੀਂ ਬਣਾਇਆ?

وَالْجِبَالَ أَوْتَادًا ٧

8. ਅਤੇ ਅਸੀਂ ਤੁਹਾਨੂੰ ਜੋੜਾ-ਜੋੜਾ ਪੈਦਾ ਕੀਤਾ।

وَخَلَقْنَاكُمْ أَزْوَاجًا ٨

9. ਤੁਹਾਡੀ ਨੀਂਦਰ ਨੂੰ ਤੁਹਾਡੇ ਸੁਖ ਦਾ ਸਾਧਨ ਬਣਾਇਆ?

وَجَعَلْنَا نَوْمَكُمْ سُبَاتًا ٩

10 ਅਤੇ ਰਾਤ ਨੂੰ (ਤੁਹਾਡੇ ਲਈ) ਪੜਦਾ ਬਣਾਇਆ।

وَجَعَلْنَا اللَّيْلَ لِبَاسًا ١٠

11. ਅਤੇ ਦਿਨ ਨੂੰ ਅਸੀਂ ਰੋਜ਼ੀ ਕਮਾਉਣ ਦਾ ਵੇਲਾ ਬਣਾਇਆ।

وَجَعَلْنَا النَّهَارَ مَعَاشًا ١١

12. ਅਤੇ ਤੁਹਾਡੇ ਉੱਤੇ ਸੱਤ ਮਜ਼ਬੂਤ ਅਕਾਸ਼ ਬਣਾਏ।

وَبَنَيْنَا فَوْقَكُمْ سَبْعًا شِدَادًا ١٢

وَجَعَلْنَا سِرَاجًا وَهَّاجًا ١٣

13 ਅਤੇ ਇਕ ਲਿਸ਼ਕਾਰੇ ਮਾਰਦਾ ਚਰਾਗ਼ (ਸੂਰਜ) ਬਣਾਇਆ।

وَأَنْزَلْنَا مِنَ الْمُعْصِرَاتِ مَاءً ثَجَّاجًا ١٤

14. ਬੱਦਲਾਂ ਤੋਂ ਬੇ ਥੋੜਾ ਪਾਣੀ ਬਰਸਾਇਆ।

لِنُخْرِجَ بِهِ حَبًّا وَنَبَاتًا ١٥

15. ਤਾਂ ਜੋ ਇਸ ਤੋਂ ਅਨਾਜ ਅਤੇ ਸਬਜ਼ਾ ਉਗਾਈਏ।

وَجَنَّاتٍ أَلْفَافًا ١٦

16. ਸੰਘਣੇ ਅਤੇ ਘਨੇ ਬਾਗ਼ ਵੀ ਉਗਾਈਏ।

إِنَّ يَوْمَ الْفَصْلِ كَانَ مِيقَاتًا ١٧

17 ਬੇਸ਼ੱਕ ਫ਼ੈਸਲੇ (ਕਿਆਮਤ) ਦਾ ਦਿਨ ਨਿਸ਼ਚਿਤ ਹੈ।

يَوْمَ يُنْفَخُ فِي الصُّورِ فَتَأْتُونَ أَفْوَاجًا ١٨

18 ਜਿਸ ਦਿਨ ਨਰਸਿੰਘੇ ਵਿਚ ਫੂਕ ਮਾਰੀ ਜਾਵੇਗੀ, ਫੇਰ ਤੁਸੀਂ ਟੋਲੀਆਂ ਵਿਚ ਆਓਗੇ।

وَفُتِحَتِ السَّمَاءُ فَكَانَتْ أَبْوَابًا ١٩

19 ਅਤੇ ਅਕਾਸ਼ ਖੋਲ੍ਹ ਦਿੱਤਾ ਜਾਵੇਗਾ, ਉਸ ਵਿਚ ਦਰਵਾਜ਼ੇ ਹੀ ਦਰਵਾਜ਼ੇ ਹੋ ਜਾਣਗੇ।

وَسُيِّرَتِ الْجِبَالُ فَكَانَتْ سَرَابًا ٢٠

20 ਅਤੇ ਪਹਾੜ ਤੋਰੇ ਜਾਣਗੇ ਤਾਂ ਉਹ ਰੇਤੇ ਵਾਂਗ ਹੋ ਜਾਣਗੇ।

إِنَّ جَهَنَّمَ كَانَتْ مِرْصَادًا ٢١

21. ਬੇਸ਼ੱਕ ਨਰਕ (ਸ਼ਿਕਾਰ ਕਰਨ ਲਈ) ਘਾਤ ਵਿਚ ਹੈ।

لِلطَّاغِينَ مَآبًا ٢٢

22 ਬਾਗ਼ੀਆਂ ਦਾ ਇਹੋ ਟਿਕਾਣਾ ਹੈ।

لَابِثِينَ فِيهَا أَحْقَابًا ٢٣

23. ਇਸ ਵਿਚ ਉਹ ਮੁੱਦਤਾਂ ਤਕ ਪਏ ਰਹਿਣਗੇ।

لَا يَذُوقُونَ فِيهَا بَرْدًا وَلَا شَرَابًا ٢٤

24 ਨਾ ਇਸ ਵਿਚ ਉਹਨਾਂ ਨੂੰ ਠੰਢੀ (ਹਵਾ) ਦਾ ਸੁਆਦ ਮਿਲੇਗਾ ਨਾ ਹੀ ਪੀਣਯੋਗ ਕੋਈ ਚੀਜ਼ ਮਿਲੇਗੀ।

إِلَّا حَمِيمًا وَغَسَّاقًا ٢٥

25. ਹਾਂ! ਗਰਮ ਪਾਣੀ ਅਤੇ ਪੀਪ ਮਿਲੇਗੀ।

جَزَاءً وِفَاقًا ٢٦

26 ਇਹ ਹੈ ਉਹਨਾਂ ਦੇ ਕਰਮਾਂ ਦਾ ਪੂਰਾ-ਪੂਰਾ ਬਦਲਾ।

27. ਉਹਨਾਂ ਨੂੰ ਤਾਂ ਹਿਸਾਬ ਹੋਣ ਦੀ ਆਸ ਵੀ ਨਹੀਂ ਸੀ।

إِنَّهُمْ كَانُوا لَا يَرْجُونَ حِسَابًا 27

28. (ਇਸੇ ਕਰਕੇ) ਉਹਨਾਂ ਨੇ ਸਾਡੀਆਂ ਆਇਤਾਂ ਦਾ ਉੱਕਾ ਹੀ ਇਨਕਾਰ ਕੀਤਾ।

وَكَذَّبُوا بِآيَاتِنَا كِذَّابًا 28

29 ਅਸੀਂ ਹਰੇਕ ਚੀਜ਼ ਦੀ ਗਿਣਤੀ ਇਕ ਕਿਤਾਬ (ਲੌਹ-ਏ-ਮਹਿਫ਼ੂਜ਼) ਵਿਚ ਲਿਖ ਰੱਖੀ ਹੈ।

وَكُلَّ شَيْءٍ أَحْصَيْنَاهُ كِتَابًا 29

30 ਸੋ ਹੁਣ ਤੁਸੀਂ ਆਪਣੇ ਕੀਤੇ ਕੰਮਾਂ ਦਾ ਸੁਆਦ ਲਵੋ, ਅਸੀਂ ਤੁਹਾਡਾ ਅਜ਼ਾਬ ਵਧਾਉਂਦੇ ਹੀ ਰਹਾਂਗੇ।

فَذُوقُوا فَلَن نَّزِيدَكُمْ إِلَّا عَذَابًا 30

31. ਬੇਸ਼ੱਕ ਰੱਬ ਤੋਂ ਡਰਨ ਵਾਲਿਆਂ ਲਈ ਹੀ ਕਾਮਯਾਬੀ ਹੈ।

إِنَّ لِلْمُتَّقِينَ مَفَازًا 31

32 (ਉਹਨਾਂ ਲਈ) ਬਾਗ਼ ਹਨ ਅਤੇ ਅੰਗੂਰ ਹਨ।

حَدَائِقَ وَأَعْنَابًا 32

33. ਅਤੇ ਹਾਣ-ਪ੍ਰਵਾਣ ਦੀਆਂ ਮੁਟਿਆਰਾਂ ਹਨ।

وَكَوَاعِبَ أَتْرَابًا 33

34. ਛਲਕਦੇ ਹੋਏ ਭਾਵ ਭਰੇ ਹੋਏ (ਸ਼ਰਾਬ ਦੇ) ਜਾਮ (ਪਿਆਲੇ) ਹਨ।

وَكَأْسًا دِهَاقًا 34

35. ਉਹ ਜੰਨਤ ਵਿਚ ਨਾ ਤਾਂ ਭੈੜੀਆਂ ਗੱਲਾਂ ਸੁਣਨਗੇ ਅਤੇ ਨਾ ਹੀ ਝੂਠ।

لَّا يَسْمَعُونَ فِيهَا لَغْوًا وَلَا كِذَّابًا 35

36. ਤੇਰੇ ਰੱਬ ਵੱਲੋਂ ਉਹਨਾਂ ਨੂੰ ਉਹਨਾਂ ਦੇ ਨੇਕ ਕਰਮਾਂ ਦਾ ਇਹੋ ਬਦਲਾ ਮਿਲੇਗਾ, ਜੋ ਉਹਨਾ ਲਈ ਵੱਡਾ ਇਨਾਮ ਹੋਵੇਗਾ।[1]

جَزَاءً مِّن رَّبِّكَ عَطَاءً حِسَابًا 36

37. (ਇਹ ਇਨਾਮ ਉਸ ਰੱਬ ਵੱਲੋਂ ਮਿਲੇਗਾ) ਜਿਹੜਾ ਅਕਾਸ਼ਾਂ ਤੇ ਧਰਤੀ ਦਾ ਅਤੇ ਜੋ ਇਹਨਾਂ ਵਿਚਕਾਰ ਹੈ, ਉਹਨਾਂ ਸਭ ਦਾ ਰੱਬ ਹੈ ਅਤੇ ਵੱਡਾ ਬਖ਼ਸ਼ਣਹਾਰ ਹੈ।

رَّبِّ السَّمَاوَاتِ وَالْأَرْضِ وَمَا بَيْنَهُمَا الرَّحْمَٰنِ
لَا يَمْلِكُونَ مِنْهُ خِطَابًا 37

---

1 ਵੇਖੋ ਸੂਰਤ ਅਤ-ਤੌਬਾ, ਹਾਸ਼ੀਆ ਆਇਤ 121/9

38. ਜਿਸ ਦਿਨ ਰੂਹ (ਜਿਬਰਾਈਲ) ਅਤੇ (ਸਾਰੇ) ਫ਼ਰਿਸ਼ਤੇ ਕਤਾਰਾਂ ਵਿਚ ਖੜੇ ਹੋਣਗੇ ਤਾਂ ਉਸ (ਅੱਲਾਹ ਨਾਲ) ਉਹੀਓ ਕਲਾਮ ਕਰ ਸਕੇਗਾ, ਜਿਸ ਨੂੰ ਰਹਿਮਾਨ ਆਗਿਆ ਦੇਵੇਗਾ ਅਤੇ ਉਹ ਵੀ ਠੀਕ-ਠੀਕ ਗੱਲ ਆਖੇਗਾ।

يَوْمَ يَقُومُ الرُّوحُ وَالْمَلَٰٓئِكَةُ صَفًّا ۖ لَّا يَتَكَلَّمُونَ إِلَّا مَنْ أَذِنَ لَهُ الرَّحْمَٰنُ وَقَالَ صَوَابًا ﴿٣٨﴾

39. ਇਹ ਦਿਨ ਹੋਣਾ ਹੱਕ ਹੈ, ਹੁਣ ਜੋ ਵੀ ਚਾਹੁੰਦਾ ਹੈ ਉਹ ਆਪਣੇ ਰੱਬ ਦੇ ਕੋਲ (ਵਧੀਆ) ਟਿਕਾਣਾ ਬਣਾ ਲਵੇ।

ذَٰلِكَ الْيَوْمُ الْحَقُّ ۖ فَمَن شَآءَ اتَّخَذَ إِلَىٰ رَبِّهِۦ مَـَٔابًا ﴿٣٩﴾

40. ਅਸੀਂ ਤੁਹਾਨੂੰ ਛੇਤੀ ਹੀ ਆਉਣ ਵਾਲੇ ਅਜ਼ਾਬ ਤੋਂ ਡਰਾ ਦਿੱਤਾ ਹੈ। ਉਸ ਦਿਨ ਮਨੁੱਖ ਉਹ ਸਭ ਕੁਝ ਵੇਖੇਗਾ ਜੋ ਉਸ ਦੇ ਹੱਥਾਂ ਨੇ ਅੱਗੇ ਭੇਜਿਆ ਹੋਵੇਗਾ ਅਤੇ ਕਾਫ਼ਿਰ ਆਖੇਗਾ ਕਿ ਕਾਸ਼! ਜੇ ਮੈਂ ਮਿੱਟੀ ਹੀ ਹੁੰਦਾ। (ਤਾਂ ਜੋ ਮੈਂ ਹਿਸਾਬ ਤੋਂ ਬਚ ਜਾਂਦਾ)।

إِنَّآ أَنذَرْنَٰكُمْ عَذَابًا قَرِيبًا يَوْمَ يَنظُرُ الْمَرْءُ مَا قَدَّمَتْ يَدَاهُ وَيَقُولُ الْكَافِرُ يَٰلَيْتَنِى كُنتُ تُرَٰبًۢا ﴿٤٠﴾

79. ਸੂਰਤ ਅਨ-ਨਾਜ਼ਿਆਤ (ਮੱਕੀ-81)

سُورَةُ النَّٰزِعَٰتِ

(ਆਇਤਾਂ 46, ਰੁਕੂਅ 2)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਡੁੱਬ ਕੇ ਸਖ਼ਤੀ ਨਾਲ ਰੂਹ ਖਿੱਚਣ ਵਾਲਿਆਂ (ਫ਼ਰਿਸ਼ਤਿਆਂ ਦੀ) ਸਹੁੰ।

وَالنَّٰزِعَٰتِ غَرْقًا ﴿١﴾

2. ਅਤੇ ਨਰਮਾਈ ਨਾਲ ਰੂਹ ਕੱਢਣ ਵਾਲਿਆਂ ਦੀ ਸਹੁੰ।

وَالنَّٰشِطَٰتِ نَشْطًا ﴿٢﴾

3. ਅਤੇ ਤੇਜ਼ੀ ਨਾਲ ਤੁਰਨ-ਫਿਰਨ ਵਾਲਿਆਂ ਦੀ ਸਹੁੰ।

وَالسَّٰبِحَٰتِ سَبْحًا ﴿٣﴾

4. ਫੇਰ ਨੱਸ ਕੇ ਅੱਗੇ ਵਧਣ ਵਾਲਿਆਂ ਦੀ ਸਹੁੰ।

فَالسَّٰبِقَٰتِ سَبْقًا ﴿٤﴾

5. ਫੇਰ ਕਾਰਜਾਂ ਦਾ ਪ੍ਰਬੰਧ ਕਰਨ ਵਾਲਿਆਂ ਦੀ ਸਹੁੰ

فَالْمُدَبِّرَٰتِ أَمْرًا ﴿٥﴾

6. ਜਿਸ ਦਿਨ ਕੰਬਣ ਵਾਲੀ (ਧਰਤੀ) ਕੰਬੇਗੀ।	يَوْمَ تَرْجُفُ الرَّاجِفَةُ ٦
7. ਉਸ ਦੇ ਪਿੱਛੇ ਆਉਣ ਵਾਲੀ (ਕਿਆਮਤ) ਪਿੱਛੇ-ਪਿੱਛੇ ਆਵੇਗੀ।	تَتْبَعُهَا الرَّادِفَةُ ٧
8. ਬਹੁਤੇ ਦਿਲ ਉਸ ਦਿਨ ਧੜਕਦੇ ਹੋਣਗੇ।	قُلُوبٌ يَوْمَئِذٍ وَاجِفَةٌ ٨
9. ਉਹਨਾਂ ਦੀਆਂ ਨਜ਼ਰਾਂ ਨੀਵੀਆਂ ਹੋਣਗੀਆਂ।	أَبْصَارُهَا خَاشِعَةٌ ٩
10. (ਕਾਫ਼ਿਰ) ਕਹਿੰਦੇ ਹਨ ਕਿ ਕੀ ਅਸੀਂ ਫੇਰ ਪਹਿਲੀ ਅਵਸਥਾ ਵਿਚ ਪਰਤਾਏ ਜਾਵਾਂਗੇ?	يَقُولُونَ أَإِنَّا لَمَرْدُودُونَ فِي الْحَافِرَةِ ١٠
11. ਕੀ ਉਸ ਸਮੇਂ ਜਦੋਂ ਸਾਡੀਆਂ ਹੱਡੀਆਂ ਗਲ-ਸੜ ਜਾਣਗੀਆਂ?	أَإِذَا كُنَّا عِظَامًا نَخِرَةً ١١
12. ਕਹਿਣ ਲੱਗੇ ਕਿ ਫੇਰ ਤਾਂ ਇਹ ਵਾਪਸੀ ਘਾਟੇ ਵਾਲੀ ਹੋਵੇਗੀ।	قَالُوا تِلْكَ إِذًا كَرَّةٌ خَاسِرَةٌ ١٢
13. ਪਤਾ ਹੋਣਾ ਚਾਹੀਦਾ ਹੈ ਕਿ ਉਹ ਤਾਂ ਕੇਵਲ ਇਕ ਜ਼ੋਰਦਾਰ ਝਿੜਕ ਹੋਵੇਗੀ।	فَإِنَّمَا هِيَ زَجْرَةٌ وَاحِدَةٌ ١٣
14. ਅਤੇ ਉਹ ਲੋਕ ਉਸੇ ਵੇਲੇ ਇਕ ਖੁੱਲ੍ਹੇ ਮੈਦਾਨ ਵਿਚ ਜਮ੍ਹਾਂ ਹੋ ਜਾਣਗੇ।	فَإِذَا هُمْ بِالسَّاهِرَةِ ١٤
15. (ਹੇ ਨਬੀ!) ਕੀ ਤੁਹਾਨੂੰ ਮੂਸਾ ਬਾਰੇ ਕੋਈ ਖ਼ਬਰ ਆ ਪਹੁੰਚੀ?	هَلْ أَتَاكَ حَدِيثُ مُوسَىٰ ١٥
16. ਜਦੋਂ ਉਸ ਨੂੰ ਉਸ ਦੇ ਰੱਬ ਨੇ ਪਵਿੱਤਰ ਮੈਦਾਨ 'ਤੁਵਾ' ਵਿਚ ਪੁਕਾਰਿਆ ਸੀ।	إِذْ نَادَاهُ رَبُّهُ بِالْوَادِ الْمُقَدَّسِ طُوًى ١٦
17. (ਕਿਹਾ ਸੀ) ਕਿ ਤੂੰ ਫ਼ਿਰਔਨ ਦੇ ਕੋਲ ਜਾ, ਉਹ ਬਾਗ਼ੀ ਹੋ ਗਿਆ ਹੈ।	اذْهَبْ إِلَىٰ فِرْعَوْنَ إِنَّهُ طَغَىٰ ١٧
18. ਉਸ ਨੂੰ ਆਖੋ, ਕੀ ਤੂੰ ਪਵਿੱਤਰ ਹੋਣਾ ਚਾਹੁੰਦਾ ਹੈਂ?	فَقُلْ هَلْ لَكَ إِلَىٰ أَنْ تَزَكَّىٰ ١٨
19. ਮੈਂ ਤੈਨੂੰ ਤੇਰੇ ਰੱਬ ਵਾਲੀ ਰਾਹ ਵਿਖਾਉਂਦਾ ਹਾਂ ਤਾਂ ਜੋ ਤੂੰ ਉਸ ਤੋਂ ਡਰ ਜਾਵੇਂ।	وَأَهْدِيَكَ إِلَىٰ رَبِّكَ فَتَخْشَىٰ ١٩

20 ਫੇਰ (ਮੂਸਾ) ਨੇ (ਫ਼ਿਰਔਨ) ਨੂੰ ਇਕ ਵੱਡੀ ਨਿਸ਼ਾਨੀ ਵਿਖਾਈ।

فَأَرَاهُ الْآيَةَ الْكُبْرَىٰ ﴿20﴾

21. ਫੇਰ ਉਸ (ਫ਼ਿਰਔਨ) ਨੇ ਉਸ ਨੂੰ ਝੁਠਲਾਇਆ ਅਤੇ ਨਾ ਫ਼ਰਮਾਨੀ ਕੀਤੀ

فَكَذَّبَ وَعَصَىٰ ﴿21﴾

22. ਫੇਰ ਉਹ (ਫ਼ਿਰਔਨ) ਪਰਤਿਆ ਤੇ (ਮੂਸਾ ਵਿਰੁਧ ਚਾਲਾਂ ਚਲਣ ਦੀ) ਕੋਸ਼ਿਸ਼ ਕਰਨ ਲਗ ਪਿਆ।

ثُمَّ أَدْبَرَ يَسْعَىٰ ﴿22﴾

23. ਫੇਰ ਸਾਰਿਆਂ ਨੂੰ ਇਕ ਥਾਂ ਇਕੱਠਾ ਕੀਤਾ।

فَحَشَرَ فَنَادَىٰ ﴿23﴾

24. ਅਤੇ ਆਖਿਆ, ਮੈਂ ਹੀ ਤੁਹਾਡੇ ਸਭਨਾਂ ਦਾ ਸਭ ਤੋਂ ਵੱਡਾ ਰੱਬ ਹਾਂ।

فَقَالَ أَنَا رَبُّكُمُ الْأَعْلَىٰ ﴿24﴾

25. ਅਤੇ ਅੱਲਾਹ ਨੇ ਵੀ ਉਸ ਨੂੰ ਲੋਕ ਤੇ ਪਰਲੋਕ ਦੇ ਅਜ਼ਾਬ ਵਿਚ ਨੱਪ ਲਿਆ।

فَأَخَذَهُ اللَّهُ نَكَالَ الْآخِرَةِ وَالْأُولَىٰ ﴿25﴾

26 ਬੇਸ਼ੱਕ ਇਸ (ਕਿੱਸੇ) ਵਿਚ ਹਰ ਉਸ ਵਿਅਕਤੀ ਲਈ ਸਿੱਖਿਆ ਹੈ, ਜੋ (ਅੱਲਾਹ ਤੋਂ) ਡਰਦਾ ਹੈ।

إِنَّ فِي ذَٰلِكَ لَعِبْرَةً لِّمَن يَخْشَىٰ ﴿26﴾

27. ਕੀ ਤੁਹਾਨੂੰ (ਮੁੜ) ਪੈਦਾ ਕਰਨਾ ਵੱਧ ਕਠਿਨ ਹੈ ਜਾਂ ਅਕਾਸ਼ ਦਾ? ਅੱਲਾਹ ਨੇ ਹੀ ਉਸ ਨੂੰ ਬਣਾਇਆ [illegible]

أَأَنتُمْ أَشَدُّ خَلْقًا أَمِ السَّمَاءُ ۚ بَنَاهَا ﴿27﴾

28. ਉਸ ਨੇ ਅਕਾਸ਼ ਦੀ ਛੱਤ ਨੂੰ ਉੱਚਾ ਕੀਤਾ ਤੇ ਫੇਰ ਉਸ ਨੂੰ ਠੀਕ-ਠਾਕ ਕੀਤਾ।

رَفَعَ سَمْكَهَا فَسَوَّاهَا ﴿28﴾

29. ਉਸ ਦੀ ਰਾਤ ਨੂੰ ਕਾਲੀ ਬਣਾਇਆ ਅਤੇ ਉਸ ਦੇ ਦਿਨ ਨੂੰ ਚਾਨਣ ਵਾਲਾ ਬਣਾਇਆ।

وَأَغْطَشَ لَيْلَهَا وَأَخْرَجَ ضُحَاهَا ﴿29﴾

30 ਅਤੇ ਇਸ ਮਗਰੋਂ ਧਰਤੀ ਨੂੰ ਪੱਧਰ ਕਰਕੇ ਵਿਛਾਇਆ।

وَالْأَرْضَ بَعْدَ ذَٰلِكَ دَحَاهَا ﴿30﴾

31. ਇਸ ਵਿੱਚੋਂ ਪਾਣੀ ਤੇ ਚਾਰਾ ਕੱਢਿਆ।

أَخْرَجَ مِنْهَا مَاءَهَا وَمَرْعَاهَا ﴿31﴾

32. ਅਤੇ ਪਹਾੜਾਂ ਨੂੰ ਚੰਗੀ ਤਰ੍ਹਾਂ ਗੱਡ ਦਿੱਤਾ।

وَالْجِبَالَ أَرْسَاهَا ﴿32﴾

مَتَاعًا لَّكُمْ وَلِأَنْعَامِكُمْ 33

33 ਇਹ ਸਭ ਤੁਹਾਡੇ ਅਤੇ ਤੁਹਾਡੇ ਪਸ਼ੂਆਂ ਦੇ ਲਾਭ ਲਈ ਹੈ।

فَإِذَا جَاءَتِ الطَّامَّةُ الْكُبْرَىٰ 34

34 ਜਦੋਂ ਉਹ ਵੱਡੀ ਆਫ਼ਤ (ਕਿਆਮਤ) ਆ ਜਾਵੇਗੀ।

يَوْمَ يَتَذَكَّرُ الْإِنسَانُ مَا سَعَىٰ 35

35 ਉਸ ਦਿਨ ਮਨੁੱਖ ਯਾਦ ਕਰੇਗਾ, ਜਿਹੜੇ ਜਤਨ ਉਸ ਨੇ (ਹੱਕ ਨੂੰ ਨੀਵਾਂ ਵਿਖਾਉਣ ਲਈ) ਕੀਤੇ ਸੀ।

وَبُرِّزَتِ الْجَحِيمُ لِمَن يَرَىٰ 36

36 ਨਰਕ ਨੂੰ ਵੇਖਣ ਵਾਲੇ ਦੇ ਸਾਹਮਣੇ ਪ੍ਰਗਟ ਕਰ ਦਿੱਤਾ ਜਾਵੇਗਾ।

فَأَمَّا مَن طَغَىٰ 37

37. ਅਤੇ ਜਿਸ ਵਿਅਕਤੀ ਨੇ ਬਗ਼ਾਵਤ ਕੀਤੀ।

وَآثَرَ الْحَيَاةَ الدُّنْيَا 38

38 ਅਤੇ ਸੰਸਰਿਕ ਜੀਵਨ ਨੂੰ ਹੀ ਸਭ ਕੁੱਝ ਸਮਝਿਆ।

فَإِنَّ الْجَحِيمَ هِيَ الْمَأْوَىٰ 39

39 ਉਸ ਦਾ ਟਿਕਾਣਾ ਨਰਕ ਹੀ ਹੈ।

وَأَمَّا مَنْ خَافَ مَقَامَ رَبِّهِ وَنَهَى النَّفْسَ
عَنِ الْهَوَىٰ 40

40 ਪਰ ਜੋ ਵਿਅਕਤੀ ਆਪਣੇ ਰੱਬ ਦੇ ਸਾਹਮਣੇ ਖੜਾ ਹੋਣ ਤੋਂ ਡਰਦਾ ਰਿਹਾ ਅਤੇ ਆਪਣੇ ਮਨ ਨੂੰ ਭੈੜੀਆਂ ਇੱਛਾਵਾਂ ਤੋਂ ਰੋਕ ਕੇ ਰੱਖਿਆ।

فَإِنَّ الْجَنَّةَ هِيَ الْمَأْوَىٰ 41

41 ਤਾਂ ਬੇਸ਼ੱਕ ਉਸ ਦਾ ਟਿਕਾਣਾ ਜੰਨਤ ਹੈ।

يَسْأَلُونَكَ عَنِ السَّاعَةِ أَيَّانَ مُرْسَاهَا 42

42 (ਹੇ ਨਬੀ!) ਲੋਕੀ ਤੁਹਾਥੋਂ ਕਿਆਮਤ ਬਾਰੇ ਪੁੱਛਦੇ ਹਨ ਕਿ ਉਹ ਕਦੋਂ ਵਾਪਰੇਗੀ?

فِيمَ أَنتَ مِن ذِكْرَاهَا 43

43 ਭਲਾਂ ਤੁਹਾਡਾ ਇਸ (ਬਾਰੇ ਦੱਸਣ) ਨਾਲ ਕੀ ਸੰਬੰਧ।

إِلَىٰ رَبِّكَ مُنتَهَاهَا 44

44. ਇਸ ਦਾ ਗਿਆਨ ਤਾਂ ਅੱਲਾਹ ਕੋਲ ਹੀ ਹੈ।

إِنَّمَا أَنتَ مُنذِرُ مَن يَخْشَاهَا 45

45 ਤੁਸੀਂ ਤਾਂ ਕੇਵਲ ਇਸ ਤੋਂ ਡਰਣ ਵਾਲਿਆਂ ਨੂੰ ਸੁਚੇਤ ਕਰਨ ਵਾਲੇ ਹੋ।

كَأَنَّهُمْ يَوْمَ يَرَوْنَهَا لَمْ يَلْبَثُوا إِلَّا عَشِيَّةً
أَوْ ضُحَاهَا 46

46. ਜਿਸ ਦਿਨ ਉਹ ਕਿਆਮਤ ਨੂੰ ਵੇਖ ਲੈਣਗੇ ਤਾਂ ਇੰਜ ਲੱਗੇਗਾ ਕਿ ਕੇਵਲ ਦਿਨ ਦੇ ਪਿਛਲੇ ਪਹਿਰ ਜਾਂ ਪਹਿਲੇ ਪਹਿਰ ਤਕ ਹੀ (ਸੰਸਾਰ ਵਿਚ) ਠਹਿਰੇ ਹਨ।

80. ਸੂਰਤ ਅ-ਬਾਸਾ (ਮੱਕੀ-24)

سُوْرَةُ عَبَسَ

(ਆਇਤਾਂ 42, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1 ਉਸ (ਮੁਹੰਮਦ ਸ) ਨੇ ਮੱਥੇ ਵਿਚ ਵੱਟ ਪਾਏ ਅਤੇ ਬੇ-ਰੁਖੀ ਵਿਖਾਈ।

عَبَسَ وَتَوَلّٰىٓ ﴿1﴾

2. ਉਹ ਇਸ ਲਈ ਕਿ ਉਸ ਦੇ ਕੋਲ ਇਕ ਅੰਨ੍ਹਾ ਵਿਅਕਤੀ (ਅਬਦੁੱਲਾ ਬਿਨ ਮਕਤੂਮ) ਆਇਆ ਸੀ।

اَنْ جَآءَهُ الْاَعْمٰى ﴿2﴾

3. ਹੇ ਨਬੀ! ਤੁਹਾਨੂੰ ਕੀ ਪਤਾ ਹੈ ਕਿ ਉਹ ਪਵਿੱਤਰਤਾ ਗ੍ਰਹਿਣ ਕਰੇ।

وَمَا يُدْرِيْكَ لَعَلَّهٗ يَزَّكّٰىٓ ﴿3﴾

4. ਜਾਂ ਜੇ ਨਸੀਹਤ ਸੁਣਦਾ ਤਾਂ ਉਹ ਉਸ ਨੂੰ ਲਾਭ ਦਿੰਦੀ।

اَوْ يَذَّكَّرُ فَتَنْفَعَهُ الذِّكْرٰى ﴿4﴾

5 ਪਰ ਜਿਹੜਾ ਬੇ-ਪਰਵਾਹੀ ਵਿਖਾਂਦਾ ਹੈ।

اَمَّا مَنِ اسْتَغْنٰى ﴿5﴾

6 ਤੁਸੀਂ ਉਸ ਵੱਲ ਧਿਆਨ ਦਿੰਦੇ ਹੋ।

فَاَنْتَ لَهٗ تَصَدّٰى ﴿6﴾

7 ਹਾਲਾਂ ਕਿ ਜੇ ਉਹ (ਕਾਫ਼ਿਰ) ਨਹੀਂ ਸੁਧਰਦੇ ਤਾਂ ਤੁਹਾਡੇ ਉੱਤੇ (ਹੇ ਨਬੀ!) ਕੋਈ ਦੋਸ਼ ਨਹੀਂ।

وَمَا عَلَيْكَ اَلَّا يَزَّكّٰى ﴿7﴾

8. ਅਤੇ ਜਿਹੜਾ ਵਿਅਕਤੀ ਤੇਰੇ ਕੋਲ ਨੱਸ ਕੇ ਆਉਂਦਾ ਹੈ।

وَاَمَّا مَنْ جَآءَكَ يَسْعٰى ﴿8﴾

9. ਅਤੇ ਉਹ (ਰੱਬ ਤੋਂ) ਡਰਦਾ ਵੀ ਹੈ।

وَهُوَ يَخْشٰى ﴿9﴾

10. ਉਸ ਤੋਂ ਤੁਸੀਂ ਬੇਰੁਖੀ ਵਾਲਾ ਵਰਤਾਓ ਕਰਦੇ ਹੋ

فَاَنْتَ عَنْهُ تَلَهّٰى ﴿10﴾

11. ਇਹ (ਤਰੀਕਾ) ਠੀਕ ਨਹੀਂ। ਬੇਸ਼ੱਕ ਇਹ ਕੁਰਆਨ ਤਾਂ ਇਕ ਨਸੀਹਤ ਦੀ ਕਿਤਾਬ ਹੈ।

كَلَّآ اِنَّهَا تَذْكِرَةٌ ﴿11﴾

12. ਜੋ ਵੀ ਚਾਹੇ ਉਸ ਤੋਂ (ਹਿਦਾਇਤ) ਲੈ ਸਕਦਾ ਹੈ।

فَمَنْ شَآءَ ذَكَرَهٗ ﴿12﴾

13. ਇਹ ਬਹੁਤ ਹੀ ਵਡਿਆਈ ਵਾਲੇ ਪੰਨਿਆਂ ਵਿਚ ਦਰਜ ਹੈ।	فِي صُحُفٍ مُكَرَّمَةٍ ١٣
14. ਜਿਹੜੇ ਬਹੁਤ ਹੀ ਉੱਚੇ ਅਤੇ ਪਵਿੱਤਰ ਹਨ।	مَرْفُوعَةٍ مُطَهَّرَةٍ ١٤
15. ਅਜਿਹਾ ਲਿਖਣ ਵਾਲੇ ਹੱਥਾਂ ਵਿਚ (ਸੁਰੱਖਿਅਤ) ਹਨ।	بِأَيْدِي سَفَرَةٍ ١٥
16. ਜਿਹੜੇ ਪਤਵੰਤੇ ਤੇ ਪਾਕਬਾਜ਼ ਹਨ।	كِرَامٍ بَرَرَةٍ ١٦
17. ਫਿਟਕਾਰ ਹੋਵੇ ਮਨੁੱਖ ਉੱਤੇ ਕਿ ਉਹ ਕਿੰਨਾ ਨਾ-ਸ਼ੁਕਰਾ ਹੈ।	قُتِلَ الْإِنْسَانُ مَا أَكْفَرَهُ ١٧
18. ਉਸ ਨੂੰ ਅੱਲਾਹ ਨੇ ਕਿਸ ਚੀਜ਼ ਤੋਂ ਪੈਦਾ ਕੀਤਾ ਹੈ?	مِنْ أَيِّ شَيْءٍ خَلَقَهُ ١٨
19. ਕੇਵਲ ਵੀਰਜ ਦੀ ਇਕ ਬੂੰਦ ਤੋਂ, ਫੇਰ ਉਸ ਦੀ ਤਕਦੀਰ ਬਣਾਈ।	مِنْ نُطْفَةٍ خَلَقَهُ فَقَدَّرَهُ ١٩
20. ਫੇਰ ਉਸ ਲਈ ਜੀਵਨ ਮਾਰਗ ਸੁਖਾਲਾ ਕਰ ਦਿੱਤਾ।	ثُمَّ السَّبِيلَ يَسَّرَهُ ٢٠
21. ਫੇਰ ਉਸ ਨੂੰ ਮੌਤ ਦਿੱਤੀ ਅਤੇ ਕਬਰ ਵਿਚ ਦਫ਼ਨਾ ਦਿੱਤਾ।	ثُمَّ أَمَاتَهُ فَأَقْبَرَهُ ٢١
22. ਫੇਰ ਜਦੋਂ ਉਹ ਚਾਹੇਗਾ ਉਸ ਨੂੰ (ਮੁੜ) ਜਿਉਂਦਾ ਕਰੇਗਾ।	ثُمَّ إِذَا شَاءَ أَنْشَرَهُ ٢٢
23. (ਉਸ ਕਾਫ਼ਿਰਾਂ ਦੀ ਗੱਲ) ਕਦੇ ਵੀ ਨਹੀਂ (ਮੰਨੀ ਜਾਵੇਗੀ)। ਉਸ ਨੇ ਹੁਣ ਤਕ ਅੱਲਾਹ ਦੀ ਆਗਿਆ ਦਾ ਪਾਲਣ ਨਹੀਂ ਕੀਤਾ।	كَلَّا لَمَّا يَقْضِ مَا أَمَرَهُ ٢٣
24. ਸੋ ਇਨਸਾਨ ਨੂੰ ਚਾਹੀਦਾ ਹੈ ਕਿ ਆਪਣੇ ਭੋਜਨ ਵੱਲ ਵੇਖੇ (ਕਿ ਉਹ ਕਿਵੇਂ ਆਇਆ)।	فَلْيَنْظُرِ الْإِنْسَانُ إِلَىٰ طَعَامِهِ ٢٤
25. ਅਸੀਂ ਚੰਗੀ ਤਰ੍ਹਾਂ ਪਾਣੀ ਬਰਸਾਇਆ।	أَنَّا صَبَبْنَا الْمَاءَ صَبًّا ٢٥
26. ਫੇਰ ਧਰਤੀ ਨੂੰ ਚੰਗੀ ਤਰ੍ਹਾਂ ਪਾੜਿਆ।	ثُمَّ شَقَقْنَا الْأَرْضَ شَقًّا ٢٦

27. ਫੇਰ ਇਸ ਵਿਚੋਂ ਅਨਾਜ ਉਗਾਏ। 28. ਅੰਗੂਰ ਅਤੇ ਤਰਕਾਰੀ।

فَأَنْبَتْنَا فِيهَا حَبًّا ﴿27﴾ وَعِنَبًا وَقَضْبًا ﴿28﴾

29. ਜ਼ੈਤੂਨ ਤੇ ਖਜੂਰ ਉਗਾਏ।

وَزَيْتُونًا وَنَخْلًا ﴿29﴾

30 ਅਤੇ ਘਨੇ ਬਾਗ਼।

وَحَدَائِقَ غُلْبًا ﴿30﴾

31. ਫਲ ਤੇ ਘਾਹ ਵੀ ਉਗਾਇਆ।

وَفَاكِهَةً وَأَبًّا ﴿31﴾

32. ਤੁਹਾਡੇ ਲਈ ਅਤੇ ਤੁਹਾਡੇ ਪਸ਼ੂਆਂ ਲਈ ਜੀਵਨ ਸਮੱਗਰੀ ਹੈ।

مَتَاعًا لَكُمْ وَلِأَنْعَامِكُمْ ﴿32﴾

33 ਜਦੋਂ ਕੰਨ ਬੋਲੇ ਕਰਨ ਵਾਲੀ ਕਰੜੀ ਆਵਾਜ਼ ਆਵੇਗੀ।

فَإِذَا جَاءَتِ الصَّاخَّةُ ﴿33﴾

34. ਉਸ ਦਿਨ ਆਦਮੀ ਆਪਣੇ ਭਰਾ ਤੋਂ ਦੂਰ ਨੱਸੇਗਾ।

يَوْمَ يَفِرُّ الْمَرْءُ مِنْ أَخِيهِ ﴿34﴾

35 ਅਤੇ ਆਪਣੀ ਮਾਂ ਅਤੇ ਆਪਣੇ ਬਾਪ ਤੋਂ ਵੀ।

وَأُمِّهِ وَأَبِيهِ ﴿35﴾

36. ਅਤੇ ਪਤਨੀ ਤੇ ਆਪਣੀ ਔਲਾਦ ਤੋਂ ਵੀ ਨੱਸੇਗਾ।

وَصَاحِبَتِهِ وَبَنِيهِ ﴿36﴾

37 ਇਹਨਾਂ ਵਿੱਚੋਂ ਹਰੇਕ ਵਿਅਕਤੀ ਦਾ ਉਸ ਦਿਨ ਅਜਿਹਾ ਹਾਲ ਹੋਵੇਗਾ ਜਿਹੜਾ ਉਸ ਨੂੰ ਦੂਜਿਆਂ ਦੀ ਚਿੰਤਾ ਤੋਂ ਬੇਪਰਵਾਹ ਕਰ ਦੇਵੇਗਾ।

لِكُلِّ امْرِئٍ مِنْهُمْ يَوْمَئِذٍ شَأْنٌ يُغْنِيهِ ﴿37﴾

38. ਉਸ ਦਿਨ ਕਿੰਨੇ ਹੀ ਚਿਹਰੇ ਚਮਕਦੇ ਹੋਣਗੇ।

وُجُوهٌ يَوْمَئِذٍ مُسْفِرَةٌ ﴿38﴾

39 ਜਿਹੜੇ ਖ਼ੁਸ਼ ਅਤੇ ਹਸਦੇ ਹੋਣਗੇ।

ضَاحِكَةٌ مُسْتَبْشِرَةٌ ﴿39﴾

40. ਅਤੇ ਬਥੇਰੇ ਚਿਹਰੇ ਉਸ ਦਿਨ ਮਿੱਟੀ ਘੱਟੇ ਨਾਲ ਭਰੇ ਹੋਣਗੇ।

وَوُجُوهٌ يَوْمَئِذٍ عَلَيْهَا غَبَرَةٌ ﴿40﴾

41 ਉਨ੍ਹਾਂ 'ਤੇ ਕਾਲਖ ਲੱਗੀ ਹੋਵੇਗੀ।

تَرْهَقُهَا قَتَرَةٌ ﴿41﴾

42 ਇਹ ਕਾਫ਼ਿਰ ਤੇ ਭੈੜੀਆਂ ਕਰਤੂਤਾਂ ਵਾਲੇ ਲੋਕ ਹੋਣਗੇ।

أُولَئِكَ هُمُ الْكَفَرَةُ الْفَجَرَةُ ﴿42﴾

81. ਸੂਰਤ ਅਤ-ਤਕਵੀਰ (ਮੱਕੀ-7)

سُورَةُ التَّكْوِيرِ

(ਆਇਤਾਂ 29, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਜਦੋਂ ਸੂਰਜ ਨੂੰ ਵਲੇਟ ਦਿੱਤਾ ਜਾਵੇਗਾ।[1]

إِذَا الشَّمْسُ كُوِّرَتْ ١

2. ਜਦੋਂ ਤਾਰੇ ਬੇ-ਨੂਰ ਹੋ ਜਾਣਗੇ।

وَإِذَا النُّجُومُ انكَدَرَتْ ٢

3. ਜਦੋਂ ਪਹਾੜਾਂ ਨੂੰ ਤੋਰਿਆ ਜਾਵੇਗਾ।

وَإِذَا الْجِبَالُ سُيِّرَتْ ٣

4. ਜਦੋਂ ਦਸ-ਦਸ ਮਹੀਨਿਆਂ ਦੀਆਂ ਗੱਭਣ ਊਠਣੀਆਂ ਨੂੰ ਐਵੇਂ ਖੁੱਲ੍ਹਾ ਹੀ ਛੱਡ ਦਿੱਤਾ ਜਾਵੇਗਾ।

وَإِذَا الْعِشَارُ عُطِّلَتْ ٤

5. ਜਦੋਂ ਜੰਗਲੀ ਜਾਨਵਰਾਂ ਨੂੰ ਇਕੱਤਰਤ ਕੀਤਾ ਜਾਵੇਗਾ।

وَإِذَا الْوُحُوشُ حُشِرَتْ ٥

6. ਜਦੋਂ ਸਮੁੰਦਰਾਂ ਨੂੰ ਭੜਕਾ ਦਿੱਤਾ ਜਾਵੇਗਾ।

وَإِذَا الْبِحَارُ سُجِّرَتْ ٦

7. ਜਦੋਂ ਰੂਹਾਂ ਨੂੰ (ਸਰੀਰ ਨਾਲ) ਜੋੜ ਦਿੱਤਾ ਜਾਵੇਗਾ।

وَإِذَا النُّفُوسُ زُوِّجَتْ ٧

8. ਜਦੋਂ (ਧਰਤੀ ਵਿਚ) ਜਿਉਂਦੀ ਦੱਬੀ ਹੋਈ ਕੁੜੀ ਤੋਂ ਪੁੱਛਿਆ ਜਾਵੇਗਾ।[2]

وَإِذَا الْمَوْءُودَةُ سُئِلَتْ ٨

---

[1] ਵੇਖੋ ਸੂਰਤ ਅਲ-ਕ਼ਯਾਮਾ, ਹਾਸ਼ੀਆ ਆਇਤ 9/75

[2] ਲੜਕੀ ਤੋਂ ਪੁੱਛਣ ਤੋਂ ਭਾਵ ਅਪਰਾਧੀਆਂ ਨੂੰ ਸ਼ਰਮਿੰਦਾ ਕਰਨਾ ਹੈ ਅਤੇ ਪਕੜ ਵਿਚ ਲਿਆਉਣ ਹੈ ਕਿਉਂ ਜੋ ਜਿਉਂਦੀਆਂ ਨੂੰ ਧਰਤੀ ਵਿੱਚ ਦੱਬਣਾ ਮਹਾ ਪਾਪ ਹੈ ਜਿਵੇਂ ਕਿ ਨਬੀ ਕਰੀਮ (ਸ:) ਨੇ ਫ਼ਰਮਾਇਆ, ਅੱਲਾਹ ਨੇ ਤੁਹਾਡੇ 'ਤੇ 1. ਮਾਂ ਦੀ ਨਾ-ਫ਼ਰਮਾਨੀ, 2. ਕੁੜੀਆਂ ਨੂੰ ਜਿਉਂਦੇ ਜੀ ਧਰਤੀ ਵਿਚ ਦੱਬਣਾ, 3. ਦੂਜਿਆਂ ਦੇ ਹੱਕ ਨਾ ਦੇਣਾ (ਜ਼ਕਾਤ ਆਦਿ), 4. ਕੇਵਲ ਆਪਣੇ ਅਧਿਕਾਰਾਂ ਦੀ ਹੀ ਮੰਗ ਕਰਨਾ ਜਿਹੇ ਕੰਮ ਹਰਾਮ ਕਰ ਛੱਡੇ ਹਨ ਤੇ ਅੱਲਾਹ ਤੁਹਾਡੇ ਲਈ ਇਹ ਚੀਜ਼ ਨੂੰ ਨਾ-ਪਸੰਦ ਕਰਦਾ ਹੈ। 1. ਝਗੜਿਆਂ ਤੇ ਵਾਧੂ ਗੱਲਾਂ ਕਰਨੀਆਂ, ਜਿਵੇਂ ਚੁਗਲੀ ਆਦਿ, 2. ਵਾਧੂ ਸਵਾਲ ਕਰਨਾ ਤੇ 3. ਦੌਲਤ ਦੇ ਬਰਬਾਦ ਕਰਨ ਨੂੰ। (ਸਹੀ ਬੁਖ਼ਾਰੀ, ਹਦੀਸ: 2408)

9. ਕਿ ਉਸ ਨੂੰ ਕਿਸ ਦੋਸ਼ ਵਿਚ ਮਾਰਿਆ ਗਿਆ ਸੀ?	بِأَيِّ ذَنْبٍ قُتِلَتْ ﴿٩﴾
10 ਜਦੋਂ ਕਰਮ ਪੱਤਰ ਖੋਲੇ ਜਾਣਗੇ।	وَإِذَا الصُّحُفُ نُشِرَتْ ﴿١٠﴾
11 ਜਦੋਂ ਅਕਾਸ਼ ਦੀ ਖੱਲ (ਪਰਦਾ) ਉਤਾਰ ਦਿੱਤਾ ਜਾਵੇਗਾ।	وَإِذَا السَّمَاءُ كُشِطَتْ ﴿١١﴾
12 ਜਦੋਂ ਨਰਕ (ਅੱਗ ਨਾਲ) ਭੜਕਾਈ ਜਾਵੇਗੀ।	وَإِذَا الْجَحِيمُ سُعِّرَتْ ﴿١٢﴾
13 ਜਦੋਂ ਸਵਰਗ ਨੇੜੇ ਕਰ ਦਿੱਤੀ ਜਾਵੇਗੀ।	وَإِذَا الْجَنَّةُ أُزْلِفَتْ ﴿١٣﴾
14 ਉਸ ਸਮੇਂ ਹਰੇਕ ਵਿਅਕਤੀ ਜਾਣ ਲਵੇਗਾ ਕਿ ਉਹ ਕੀ ਲੈਕੇ ਆਇਆ ਹੈ?	عَلِمَتْ نَفْسٌ مَا أَحْضَرَتْ ﴿١٤﴾
15 ਸੋ ਮੈਂ ਸਹੁੰ ਖਾਂਦਾ ਹਾਂ ਪਿਛਾਂਹ ਹਟਣ ਵਾਲੇ।	فَلَا أُقْسِمُ بِالْخُنَّسِ ﴿١٥﴾
16. ਤੁਰਨ ਫਿਰਣ ਵਾਲੇ ਤੇ ਲੁਕ ਜਾਣ ਵਾਲੇ ਤਾਰਿਆਂ ਦੀ।	الْجَوَارِ الْكُنَّسِ ﴿١٦﴾
17. ਅਤੇ ਰਾਤ ਦੀ ਜਦੋਂ ਉਹ ਢਲੀ ਜਾਂਦੀ ਹੈ।	وَاللَّيْلِ إِذَا عَسْعَسَ ﴿١٧﴾
18. ਅਤੇ ਪਹੁ ਦੀ ਜਦੋਂ ਉਹ ਰੌਸ਼ਣ ਹੁੰਦੀ ਹੈ।	وَالصُّبْحِ إِذَا تَنَفَّسَ ﴿١٨﴾
19. ਬੇਸ਼ੱਕ ਇਹ (ਕੁਰਆਨ) ਇਕ ਪਤਵੰਤੇ ਸੁਨੇਹਾ ਪਹੁੰਚਾਉਣ ਵਾਲੇ (ਜਿਬਰਾਈਲ) ਦਾ (ਰੱਬੀ) ਕਥਣ ਹੈ।	إِنَّهُ لَقَوْلُ رَسُولٍ كَرِيمٍ ﴿١٩﴾
20 ਜਿਹੜਾ ਸ਼ਕਤੀਸ਼ਾਲੀ ਅਰਸ਼ ਵਾਲੇ ਭਾਵ ਅੱਲਾਹ ਦੀਆਂ ਨਜ਼ਰਾਂ ਵਿਚ ਉੱਚੇ ਮਰਾਤਬੇ ਵਾਲਾ ਹੈ।	ذِي قُوَّةٍ عِنْدَ ذِي الْعَرْشِ مَكِينٍ ﴿٢٠﴾
21 ਉੱਥੇ (ਅਕਾਸ਼ਾਂ ਵਿਚ) ਉਸ ਦੇ ਹੁਕਮਾਂ ਦੀ ਪਾਲਣਾ ਕੀਤੀ ਜਾਂਦੀ ਹੈ ਅਤੇ ਉਹ ਵਿਸ਼ਵਾਸ ਪਾਤਰ ਵੀ ਹੈ।	مُطَاعٍ ثَمَّ أَمِينٍ ﴿٢١﴾

22. (ਹੇ ਮੱਕੇ ਵਾਲਿਓ!) ਤੁਹਾਡਾ ਸਾਥੀ (ਮੁਹੰਮਦ ਸ:) ਸ਼ੁਦਾਈ ਨਹੀਂ।

وَمَا صَاحِبُكُم بِمَجْنُونٍ ﴿٢٢﴾

23. ਇਹ (ਨਬੀ) ਤਾਂ ਇਸ (ਜਿਬਰਾਈਲ) ਨੂੰ (ਮਿਅਰਾਜ ਵੇਲੇ) ਖੁੱਲ੍ਹੇ ਦਿਸਹੱਦੇ 'ਤੇ ਵੇਖ ਚੁੱਕਿਆ ਹੈ।

وَلَقَدْ رَآهُ بِالْأُفُقِ الْمُبِينِ ﴿٢٣﴾

24. ਉਹ (ਜਿਬਰਾਈਲ) ਗ਼ੈਬ (ਪਰੋਖ ਦੀਆਂ ਗੱਲਾਂ) ਨੂੰ ਦੱਸਣ ਵਿਚ ਕੰਜੂਸੀ ਨਹੀਂ ਕਰਦਾ।

وَمَا هُوَ عَلَى الْغَيْبِ بِضَنِينٍ ﴿٢٤﴾

25. ਇਹ (ਕੁਰਆਨ) ਕਿਸੇ ਮਰਦੂਦ ਸ਼ੈਤਾਨ ਦੀ ਕਥਣੀ ਨਹੀਂ।

وَمَا هُوَ بِقَوْلِ شَيْطَانٍ رَّجِيمٍ ﴿٢٥﴾

26. ਫੇਰ ਤੁਸੀਂ ਕਿਧਰ ਤੁਰੇ ਜਾ ਰਹੇ ਹੋ?

فَأَيْنَ تَذْهَبُونَ ﴿٢٦﴾

27. ਇਹ (ਕੁਰਆਨ) ਤਾਂ ਕੁਲ ਜਹਾਨ ਲਈ ਇਕ ਨਸੀਹਤ ਹੈ।[1]

إِنْ هُوَ إِلَّا ذِكْرٌ لِّلْعَالَمِينَ ﴿٢٧﴾

28. (ਪਰ ਇਹ ਉਸ ਲਈ ਹੈ) ਜਿਹੜਾ ਤੁਹਾਡੇ 'ਚੋਂ ਸਿੱਧੇ ਰਾਹ ਤੁਰਨਾ ਚਾਹੁੰਦਾ ਹੈ।

لِمَن شَاءَ مِنكُمْ أَن يَسْتَقِيمَ ﴿٢٨﴾

29. ਅਤੇ ਕੁਲ ਜਹਾਨ ਦੇ ਪਾਲਣਹਾਰ ਦੇ ਚਾਹਨ ਤੋਂ ਬਿਨਾਂ ਤੁਸੀਂ ਕੁਝ ਨਹੀਂ ਕਰ ਸਕਦੇ।

وَمَا تَشَاءُونَ إِلَّا أَن يَشَاءَ اللَّهُ رَبُّ الْعَالَمِينَ ﴿٢٩﴾

---

[1] ਇਹ ਗੱਲ ਕੁਰਆਨ ਪਾਕ ਦੇ ਸੰਬੰਧ ਵਿਚ ਹੈ ਜਿਹੜਾ ਨਬੀ (ਸ:) ਦਾ ਮੁਅਜਜ਼ਾ ਕਿਆਮਤ ਤਕ ਬਾਕੀ ਰਹਿਣ ਵਾਲਾ ਹੈ। ਜਿਵੇਂ ਨਬੀ ਕਰੀਮ (ਸ:) ਨੇ ਫ਼ਰਮਾਇਆ ਕਿ ਮੈਥੋਂ ਪਹਿਲਾਂ ਕੋਈ ਵੀ ਪੈਗ਼ੰਬਰ ਅਜਿਹਾ ਨਹੀਂ ਆਇਆ ਜਿਸ ਨੂੰ ਮੁਅਜਜ਼ੇ ਨਾ ਦਿੱਤੇ ਗਏ ਹੋਣ। ਜਿਸ ਕਾਰਨ ਲੋਕੀ ਉਹਨਾਂ 'ਤੇ ਈਮਾਨ ਲਿਆਏ ਪਰ ਮੇਰੇ ਉੱਤੇ ਵਹੀ ਉਤਾਰੀ ਗਈ ਉਹ ਆਪਣੇ ਆਪ ਵਿਚ ਹੀ ਇਕ ਮੁਅਜਜ਼ਾ ਹੈ। ਸੋ ਮੈਂ ਆਸ ਕਰਦਾ ਹਾਂ ਕਿ ਕਿਆਮਤ ਦਿਹਾੜੇ ਮੇਰੀ ਉੱਮਤ ਸਾਰੀਆਂ ਉੱਮਤਾਂ ਤੋਂ ਗਿਣਤੀ ਵਿਚ ਵੱਧ ਹੋਵੇਗੀ। (ਸਹੀ ਬੁਖ਼ਾਰੀ, ਹਦੀਸ: 7274)

• ਸੋ ਇਸੇ ਲਈ ਨਬੀ (ਸ:) ਦੀ ਰਸਾਲਤ ਉੱਤੇ ਈਮਾਨ ਲਿਆਉਣਾ ਜ਼ਰੂਰੀ ਹੈ। ਨਬੀ ਕਰੀਮ (ਸ:) ਨੇ ਫ਼ਰਮਾਇਆ ਕਿ ਉਸ ਅੱਲਾਹ ਦੀ ਕਸਮ ਜਿਸ ਦੇ ਹੱਥ ਵਿਚ ਮੁਹੰਮਦ ਦੀ ਜਾਨ ਹੈ, ਜਿਹੜਾ ਕੋਈ ਯਹੂਦੀ ਜਾਂ ਈਸਾਈ ਮੇਰੇ ਬਾਰੇ ਸੁਣੇ ਅਤੇ ਉਸ ਪੈਗ਼ਾਮ ਨੂੰ ਜਿਹੜਾ ਮੈਂ ਲਿਆਇਆ ਹਾਂ ਉਸ 'ਤੇ ਈਮਾਨ ਲਿਆਏ ਬਿਨਾਂ ਮਰ ਜਾਵੇ ਉਹ ਨਰਕੀ ਹੈ। (ਸਹੀ ਮੁਸਲਿਮ, ਹਦੀਸ: 153)

82. ਸੂਰਤ ਅਲ-ਇਨਫ਼ਿਤਾਰ (ਮੱਕੀ-85)

سُورَةُ الانفِطَارِ

(ਆਇਤਾਂ 19, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਜਦੋਂ ਅਕਾਸ਼ ਫੱਟ ਜਾਵੇਗਾ।

إِذَا السَّمَاءُ انفَطَرَتْ ﴿1﴾

2. ਜਦੋਂ ਤਾਰੇ ਖਿਲਰ ਜਾਣਗੇ।

وَإِذَا الْكَوَاكِبُ انتَثَرَتْ ﴿2﴾

3. ਜਦੋਂ ਸਮੁੰਦਰਾਂ ਨੂੰ ਪਾੜ ਦਿੱਤਾ ਜਾਵੇਗਾ।

وَإِذَا الْبِحَارُ فُجِّرَتْ ﴿3﴾

4. ਜਦੋਂ ਕਬਰਾਂ ਨੂੰ ਉਖਾੜ (ਭਾਵ ਖੋਲ) ਦਿੱਤਾ ਜਾਵੇਗਾ।

وَإِذَا الْقُبُورُ بُعْثِرَتْ ﴿4﴾

5. ਉਸ ਵੇਲੇ ਹਰੇਕ ਵਿਅਕਤੀ ਨੂੰ ਉਸ ਦੇ ਅਗਲੇ ਪਿਛਲੇ ਸਾਰੇ ਕੀਤੇ ਕੰਮਾਂ ਦਾ ਪਤਾ ਲੱਗ ਜਾਵੇਗਾ।

عَلِمَتْ نَفْسٌ مَّا قَدَّمَتْ وَأَخَّرَتْ ﴿5﴾

6. ਹੇ ਮਨੁੱਖ! ਤੈਨੂੰ ਕਿਹੜੀ ਗੱਲ ਨੇ ਆਪਣੇ ਮਿਹਰਾਂ ਕਰਨ ਵਾਲੇ ਰੱਬ ਬਾਰੇ ਧੋਖੇ ਵਿਚ ਪਾਇਆ ਹੋਇਆ ਹੈ?

يَا أَيُّهَا الْإِنسَانُ مَا غَرَّكَ بِرَبِّكَ الْكَرِيمِ ﴿6﴾

7. ਜਿਸ ਨੇ ਤੈਨੂੰ ਪੈਦਾ ਕੀਤਾ, ਫੇਰ ਤੈਨੂੰ ਸਵਾਰਿਆ ਅਤੇ ਤੇਰਾ ਸੰਤੁਲਨ ਰੱਖਿਆ।

الَّذِي خَلَقَكَ فَسَوَّاكَ فَعَدَلَكَ ﴿7﴾

8. ਉਸ (ਰੱਬ) ਨੇ ਤੈਨੂੰ ਜਿਹੜਾ ਵੀ ਰੂਪ ਦੇਣਾ ਚਾਹਿਆ ਉਸੇ ਵਿਚ ਜੋੜ ਦਿੱਤਾ।

فِي أَيِّ صُورَةٍ مَّا شَاءَ رَكَّبَكَ ﴿8﴾

9. (ਇਹ ਗੱਲ) ਉੱਕਾ ਹੀ ਨਹੀਂ ਸਗੋਂ ਤੁਸੀਂ ਲੇਖ ਬਦਲੇ ਵਾਲੇ ਦਿਨ (ਕਿਆਮਤ) ਨੂੰ ਝੁਠਲਾਉਂਦੇ ਹੋ।

كَلَّا بَلْ تُكَذِّبُونَ بِالدِّينِ ﴿9﴾

10. ਜਦ ਕਿ ਤੁਹਾਡੇ ਉੱਤੇ ਨਿਗਰਾਨੀ ਲਈ (ਫ਼ਰਿਸ਼ਤੇ) ਨਿਯੁਕਤ ਕੀਤੇ ਹੋਏ ਹਨ।

وَإِنَّ عَلَيْكُمْ لَحَافِظِينَ ﴿10﴾

11. (ਉਹ) ਪਤਵੰਤੇ ਲਿਖਾਰੀ ਹਨ।[1]

كِرَامًا كَاتِبِينَ ﴿11﴾

---

[1] ਵੇਖੋ ਸੂਰਤ ਅਲ-ਅਨਾਮ, ਹਾਸ਼ੀਆ ਆਇਤ 160/6

12. ਉਹ ਜਾਣਦੇ ਹਨ, ਜੋ ਵੀ ਤੁਸੀਂ ਕਰਦੇ ਹੋ।

يَعْلَمُونَ مَا تَفْعَلُونَ ﴿12﴾

13. ਬੇਸ਼ੱਕ ਨੇਕ ਲੋਕ (ਸਵਰਗਾਂ ਵਿਚ) ਆਨੰਦ ਮਾਣਨਗੇ।

إِنَّ الْأَبْرَارَ لَفِي نَعِيمٍ ﴿13﴾

14. ਅਤੇ ਭੈੜੇ ਲੋਕ ਜ਼ਰੂਰ ਹੀ ਨਰਕ ਵਿਚ ਹੋਣਗੇ।

وَإِنَّ الْفُجَّارَ لَفِي جَحِيمٍ ﴿14﴾

15. ਇਹ ਲੋਕ ਬਦਲੇ ਵਾਲੇ ਦਿਨ ਇਸ (ਨਰਕ) ਵਿਚ ਦਾਖ਼ਿਲ ਹੋਣਗੇ।

يَصْلَوْنَهَا يَوْمَ الدِّينِ ﴿15﴾

16. ਅਤੇ ਇਹ ਲੋਕ ਇਸ (ਨਰਕ) ਤੋਂ ਬੱਚ ਨਹੀਂ ਸਕਣਗੇ।

وَمَا هُمْ عَنْهَا بِغَائِبِينَ ﴿16﴾

17. ਤੁਸੀਂ ਕੀ ਜਾਣੋਂ ਕਿ ਬਦਲੇ ਦਾ ਦਿਨ ਕੀ ਹੈ?

وَمَا أَدْرَاكَ مَا يَوْمُ الدِّينِ ﴿17﴾

18. ਤੁਸੀਂ ਉੱਕਾ ਹੀ ਨਹੀਂ ਜਾਣਦੇ ਕਿ ਬਦਲੇ ਵਾਲਾ ਦਿਨ ਕਿਹੋ ਜਿਹਾ ਹੈ?

ثُمَّ مَا أَدْرَاكَ مَا يَوْمُ الدِّينِ ﴿18﴾

19. ਉਸ ਦਿਹਾੜੇ ਕੋਈ ਵੀ ਵਿਅਕਤੀ ਕਿਸੇ ਲਈ ਕੁੱਝ ਵੀ ਕਰਨ ਦਾ ਅਧਿਕਾਰ ਨਹੀਂ ਰੱਖੇਗਾ ਅਤੇ ਉਸ ਦਿਨ ਹੁਕਮ ਕੇਵਲ ਅੱਲਾਹ ਦਾ ਹੀ ਹੋਵੇਗਾ।

يَوْمَ لَا تَمْلِكُ نَفْسٌ لِنَفْسٍ شَيْئًا ۖ وَالْأَمْرُ يَوْمَئِذٍ لِلَّهِ ﴿19﴾

83. ਸੂਰਤ ਅਲ-ਮੁਤੱਫ਼ਿਫ਼ੀਨ (ਮੱਕੀ-86)

سُورَةُ الْمُطَفِّفِينَ

(ਆਇਤਾਂ 36, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਡੰਡੀ ਮਾਰਨ (ਭਾਵ ਬੇ-ਇਨਸਾਫ਼ੀ ਕਰਨ) ਵਾਲਿਆਂ ਲਈ (ਆਖ਼ਿਰਤ ਵਿਚ) ਤਬਾਹੀ ਹੈ।

وَيْلٌ لِلْمُطَفِّفِينَ ﴿1﴾

2. ਉਹ ਜਦੋਂ ਲੋਕਾਂ ਤੋਂ ਲੈਂਦੇ ਹਨ ਤਾਂ ਪੂਰਾ ਮਿਣ ਕੇ ਲੈਂਦੇ ਹਨ।

الَّذِينَ إِذَا اكْتَالُوا عَلَى النَّاسِ يَسْتَوْفُونَ ﴿2﴾

3 ਜਦੋਂ ਉਹ ਮਿਣ ਕੇ (ਜਾਂ ਤੋਲ ਕੇ) ਦਿੰਦੇ ਹਨ
ਤਾਂ ਘੱਟ ਦਿੰਦੇ ਹਨ।

وَإِذَا كَالُوهُمْ أَو وَّزَنُوهُمْ يُخْسِرُونَ ﴿3﴾

4 ਕੀ ਇਹਨਾਂ ਲੋਕਾਂ ਨੂੰ ਵਿਸ਼ਵਾਸ ਨਹੀਂ ਕਿ
ਜ਼ਰੂਰ ਹੀ ਉਹ (ਕਬਰਾਂ ਵਿੱਚੋਂ) ਕੱਢੇ ਜਾਣਗੇ।

أَلَا يَظُنُّ أُولَٰئِكَ أَنَّهُم مَّبْعُوثُونَ ﴿4﴾

5 ਇਕ ਵੱਡੇ ਦਿਹਾੜੇ (ਕਿਆਮਤ) ਲਈ (ਵਿਸ਼ਵਾਸ
ਨਹੀਂ ਕਰਦੇ)।

لِيَوْمٍ عَظِيمٍ ﴿5﴾

6. ਜਿਸ ਦਿਨ ਸਾਰੇ ਲੋਕ ਕੁੱਲ ਜਹਾਨਾਂ ਦੇ
ਪਾਲਣਹਾਰ ਦੇ ਅੱਗੇ ਖੜ੍ਹੇ ਹੋਣਗੇ।

يَوْمَ يَقُومُ النَّاسُ لِرَبِّ الْعَالَمِينَ ﴿6﴾

7 ਉੱਕਾ ਨਹੀਂ (ਹੋ ਸਕਦਾ ਕਿ ਰੱਬ ਤੁਹਾਡੇ ਕੀਤੇ
ਕਰਮਾਂ ਨੂੰ ਨਾ ਜਾਣੇ) ਬੇਸ਼ੱਕ ਭੈੜੇ ਕਰਮਾਂ ਵਾਲਿਆਂ
ਦੇ ਕਰਮ-ਪੱਤਰ ਸਿੱਜੀਨ ਵਿਚ ਹਨ।

كَلَّا إِنَّ كِتَابَ الْفُجَّارِ لَفِي سِجِّينٍ ﴿7﴾

8. ਅਤੇ ਤੁਸੀਂ ਕੀ ਜਾਣੋਂ ਕਿ ਸਿੱਜੀਨ ਕੀ ਹੈ।

وَمَا أَدْرَاكَ مَا سِجِّينٌ ﴿8﴾

9 ਇਹ ਇਕ ਲਿਖੀ ਹੋਈ ਕਿਤਾਬ ਹੈ (ਜਿਸ ਵਿੱਚੋਂ
ਭੈੜੇ ਲੋਕਾਂ ਦੀ ਕਰਮ-ਪੱਤਰੀ) ਹੈ।

كِتَابٌ مَّرْقُومٌ ﴿9﴾

10 ਤਬਾਹੀ ਹੈ ਉਸ ਦਿਹਾੜੇ ਝੁਠਲਾਉਣ ਵਾਲਿਆਂ
ਲਈ।

وَيْلٌ يَوْمَئِذٍ لِّلْمُكَذِّبِينَ ﴿10﴾

11. (ਉਹਨਾਂ ਲੋਕਾਂ) ਲਈ ਜਿਹੜੇ ਬਦਲੇ ਵਾਲੇ
ਦਿਨ (ਕਿਆਮਤ) ਨੂੰ ਝੁਠਲਾਉਂਦੇ ਹਨ।

الَّذِينَ يُكَذِّبُونَ بِيَوْمِ الدِّينِ ﴿11﴾

12 ਅਤੇ ਇਸ (ਦਿਹਾੜੇ) ਨੂੰ ਕੇਵਲ ਹੱਦੋਂ ਟੱਪਿਆ
ਪਾਪੀ ਹੀ ਝੁਠਲਾਉਂਦਾ ਹੈ।

وَمَا يُكَذِّبُ بِهِ إِلَّا كُلُّ مُعْتَدٍ أَثِيمٍ ﴿12﴾

13 ਜਦੋਂ ਉਸ ਨੂੰ ਸਾਡੀਆਂ ਆਇਤਾਂ ਸੁਣਾਈਆਂ
ਜਾਂਦੀਆਂ ਹਨ ਤਾਂ ਆਖਦਾ ਹੈ ਕਿ ਇਹ ਤਾਂ
ਪਹਿਲੇ ਲੋਕਾਂ ਦੀਆਂ ਕਹਾਣੀਆਂ ਹਨ।

إِذَا تُتْلَىٰ عَلَيْهِ آيَاتُنَا قَالَ
أَسَاطِيرُ الْأَوَّلِينَ ﴿13﴾

كَلَّا ۖ بَلْ ۜ رَانَ عَلَىٰ قُلُوبِهِم مَّا كَانُوا يَكْسِبُونَ ١٤

14. ਗੱਲ ਇਹ ਨਹੀਂ (ਅਸਲ ਵਿਚ) ਉਹਨਾਂ ਦੇ ਦਿਲਾਂ ਉੱਤੇ ਉਹਨਾਂ ਦੇ (ਭੈੜੇ) ਕਰਮਾਂ ਨੇ ਜ਼ੰਗ ਲਾ ਦਿੱਤਾ ਹੈ।[1]

كَلَّا إِنَّهُمْ عَن رَّبِّهِمْ يَوْمَئِذٍ لَّمَحْجُوبُونَ ١٥

15. ਉੱਕਾ ਹੀ ਨਹੀਂ! ਬੇਸ਼ੱਕ ਉਸ ਦਿਨ ਉਹ (ਇਨਕਾਰੀ) ਆਪਣੇ ਰੱਬ (ਦੇ ਦਰਸ਼ਨਾਂ) ਤੋਂ ਵਾਂਝੇ ਰੱਖੇ ਜਾਣਗੇ।

ثُمَّ إِنَّهُمْ لَصَالُو الْجَحِيمِ ١٦

16. ਫੇਰ ਉਹ ਜ਼ਰੂਰ ਹੀ ਨਰਕ ਵਿਚ ਜਾਣਗੇ।

ثُمَّ يُقَالُ هَٰذَا الَّذِي كُنتُم بِهِ تُكَذِّبُونَ ١٧

17. ਫੇਰ ਉਹਨਾਂ ਨੂੰ ਕਿਹਾ ਜਾਵੇਗਾ ਕਿ ਇਹ ਉਹ ਚੀਜ਼ ਹੈ ਜਿਸ ਨੂੰ ਤੁਸੀਂ ਝੁਠਲਾਇਆ ਕਰਦੇ ਸੀ।

كَلَّا إِنَّ كِتَابَ الْأَبْرَارِ لَفِي عِلِّيِّينَ ١٨

18. ਉੱਕਾ ਨਹੀਂ, ਬੇਸ਼ੱਕ ਨੇਕ ਲੋਕਾਂ ਦੀ ਕਰਮ-ਪੱਤਰੀ ਇੱਲੀਈਨ ਵਿਚ ਹੈ।

وَمَا أَدْرَاكَ مَا عِلِّيُّونَ ١٩

19. ਅਤੇ ਤੁਸੀਂ ਕੀ ਜਾਣੋ ਕਿ ਉਹ (ਇੱਲੀਈਨ) ਕੀ ਹੈ?

كِتَابٌ مَّرْقُومٌ ٢٠

20. (ਉਹ) ਇਕ ਲਿਖੀ ਹੋਈ ਕਿਤਾਬ ਹੈ (ਜਿਸ ਵਿਚ ਨੇਕ ਲੋਕਾਂ ਦੀਆਂ ਕਰਮ-ਪੱਤਰੀਆਂ ਹਨ)।

يَشْهَدُهُ الْمُقَرَّبُونَ ٢١

21. ਜਿਸ ਦੇ ਕੋਲ (ਰੱਬ ਦੇ) ਨਿਕਟਵਰਤੀ ਫ਼ਰਿਸ਼ਤੇ ਹਾਜ਼ਰ ਰਹਿੰਦੇ ਹਨ।

إِنَّ الْأَبْرَارَ لَفِي نَعِيمٍ ٢٢

22. ਬੇਸ਼ੱਕ ਨੇਕ ਲੋਕ ਜ਼ਰੂਰ ਹੀ ਵੱਡੀਆਂ ਨਿਆਮਤਾਂ ਵਿਚ (ਆਨੰਦ ਮਾਣਦੇ) ਹੋਣਗੇ।

عَلَى الْأَرَائِكِ يَنظُرُونَ ٢٣

23. ਉੱਚੇ ਸਿੰਘਾਸਣਾਂ 'ਤੇ (ਬੈਠੇ) ਵੇਖ ਰਹੇ ਹੋਣਗੇ।

---

1 ਇਸ ਗੱਲ ਨੂੰ ਹਦੀਸ ਵਿਚ ਇਸ ਤਰ੍ਹਾਂ ਰਸੂਲ (ਸ:) ਨੇ ਫ਼ਰਮਾਇਆ ਹੈ ਕਿ ਜਦੋਂ ਬੰਦਾ ਗੁਨਾਹ ਕਰਦਾ ਹੈ ਤਾਂ ਉਸ ਦੇ ਦਿਲ ਉੱਤੇ ਇਕ ਕਾਲਾ ਚਿੰਨ੍ਹ ਲੱਗ ਜਾਂਦਾ ਹੈ। ਜੇ ਉਹ ਉਸ ਬੁਰਾਈ ਤੋਂ ਬਾਜ਼ ਆ ਜਾਵੇ, ਅੱਲਾਹ ਤੋਂ ਖਿਮਾ ਮੰਗ ਲਵੇ ਤੇ ਸ਼ਰਮਿੰਦਾ ਹੋਵੇ ਤਾਂ ਉਹ ਚਿੰਨ੍ਹ ਸਾਫ਼ ਹੋ ਜਾਂਦਾ ਹੈ, ਪਰ ਜੇ ਉਹ ਬੁਰਾਈ ਨੂੰ ਕਰਦਾ ਰਹਿੰਦਾ ਹੈ ਤਾਂ ਉਹ ਚਿੰਨ੍ਹ ਵੀ ਵਧਦਾ ਜਾਂਦਾ ਹੈ ਇੱਥੋਂ ਤਕ ਕਿ ਉਸ ਦੇ ਪੂਰੇ ਦਿਲ 'ਤੇ ਛਾ ਜਾਂਦਾ ਹੈ, ਪੂਰਾ ਦਿਲ ਹੀ ਕਾਲਾ ਹੋ ਜਾਂਦਾ ਹੈ। (ਜਾਮੇਅ ਤਿਰਮਿਜ਼ੀ, ਹਦੀਸ 3334)

24 ਉਹਨਾਂ ਦੇ ਚਿਹਰਿਆਂ 'ਤੇ ਤੁਸੀਂ ਨਿਆਮਤਾਂ ਤੋਂ ਮਿਲੀ ਖ਼ੁਸ਼ਹਾਲੀ ਵੇਖੋਗੇ।	تَعْرِفُ فِي وُجُوهِهِمْ نَضْرَةَ النَّعِيمِ (24)
25. ਉਹਨਾਂ ਨੂੰ ਵਧੀਆ ਸੀਲਬੰਦ ਸ਼ਰਾਬ ਪਿਆਈ ਜਾਵੇਗੀ।	يُسْقَوْنَ مِن رَّحِيقٍ مَّخْتُومٍ (25)
26. ਜਿਸ ਉੱਤੇ ਕਸਤੂਰੀ ਦੀ ਮੋਹਰ ਲੱਗੀ ਹੋਵੇਗੀ। ਸੋ ਸ਼ਰਾਬ ਪੀਣ ਦਾ ਸ਼ੌਕ ਰੱਖਣ ਵਾਲਿਆਂ ਨੂੰ ਉਸ ਦੀ ਇੱਛਾ ਰੱਖਣੀ ਚਾਹੀਦੀ ਹੈ।	خِتَامُهُ مِسْكٌ ۚ وَفِي ذَٰلِكَ فَلْيَتَنَافَسِ الْمُتَنَافِسُونَ (26)
27. ਉਸ (ਸ਼ਰਾਬ) ਵਿਚ 'ਤਸਨੀਮ' ਦੀ ਮਿਲਾਵਟ ਹੋਵੇਗੀ।	وَمِزَاجُهُ مِن تَسْنِيمٍ (27)
28 ਭਾਵ ਉਹ (ਤਸਨੀਮ) ਇਕ ਚਸ਼ਮਾਂ ਹੈ ਜਿਸ ਨੂੰ (ਅੱਲਾਹ) ਦੇ ਨਿਕਟਵਰਤੀ ਪੀਣਗੇ।	عَيْنًا يَشْرَبُ بِهَا الْمُقَرَّبُونَ (28)
29. ਬੇਸ਼ੱਕ ਅਪਰਾਧੀ ਮੋਮਿਨਾਂ ਉੱਤੇ (ਸੰਸਾਰ ਵਿਚ) ਹੱਸਦੇ ਸੀ।	إِنَّ الَّذِينَ أَجْرَمُوا كَانُوا مِنَ الَّذِينَ آمَنُوا يَضْحَكُونَ (29)
30. ਅਤੇ ਜਦੋਂ ਉਹ (ਮੁਸਲਮਾਨਾਂ) ਦੇ ਨੇੜੇ ਤੋਂ ਲੰਘਦੇ ਤਾਂ ਅੱਖਾਂ-ਅੱਖਾਂ ਵਿਚ ਇਸ਼ਾਰੇ (ਮਖ਼ੌਲ) ਕਰਦੇ ਸਨ।	وَإِذَا مَرُّوا بِهِمْ يَتَغَامَزُونَ (30)
31 ਅਤੇ ਜਦੋਂ ਉਹ ਆਪਣੇ ਪਰਿਵਾਰ (ਸਾਥੀਆਂ) ਵੱਲ ਪਰਤਦੇ ਤਾਂ ਦਿਲ ਪਰਚਾਵਾ ਕਰਦੇ ਹੋਏ ਪਰਤਦੇ ਸਨ।	وَإِذَا انقَلَبُوا إِلَىٰ أَهْلِهِمُ انقَلَبُوا فَكِهِينَ (31)
32. ਅਤੇ ਜਦੋਂ ਉਹ (ਇਨਕਾਰੀ) ਇਹਨਾਂ (ਮੁਸਲਮਾਨਾਂ) ਨੂੰ ਵੇਖਦੇ ਤਾਂ ਆਖਦੇ ਕਿ ਇਹ ਕੁਰਾਹੇ ਪਏ ਹੋਏ ਲੋਕ ਹਨ।	وَإِذَا رَأَوْهُمْ قَالُوا إِنَّ هَٰؤُلَاءِ لَضَالُّونَ (32)
33. ਹਾਲਾਂ ਕਿ ਉਹ (ਕਾਫ਼ਿਰ) ਉਹਨਾਂ ਉੱਤੇ ਨਿਗਰਾਨ ਬਣਾ ਕੇ ਨਹੀਂ ਭੇਜੇ ਗਏ ਸਨ।	وَمَا أُرْسِلُوا عَلَيْهِمْ حَافِظِينَ (33)
34 ਸੋ ਅੱਜ (ਕਿਆਮਤ ਦਿਹਾੜੇ) ਈਮਾਨ ਵਾਲੇ ਕਾਫ਼ਿਰਾਂ ਉੱਤੇ ਹੱਸ ਰਹੇ ਹੋਣਗੇ।	فَالْيَوْمَ الَّذِينَ آمَنُوا مِنَ الْكُفَّارِ يَضْحَكُونَ (34)

35. ਸਿੰਘਾਸਣਾਂ ਉੱਤੇ ਬੈਠੇ ਉਹਨਾਂ ਨੂੰ ਵੇਖ ਰਹੇ ਹੋਣਗੇ।

عَلَى الْأَرَائِكِ يَنْظُرُونَ ٣٥

36. (ਅਤੇ ਆਖਣਗੇ) ਕੀ ਇਨਕਾਰੀਆਂ ਨੂੰ ਉਹਨਾਂ ਦੀਆਂ ਕਰਤੂਤਾਂ ਦਾ ਬਦਲਾ ਮਿਲ ਗਿਆ ਜੋ ਉਹ (ਸੰਸਾਰ ਵਿਚ) ਕਰਦੇ ਸੀ?

هَلْ ثُوِّبَ الْكُفَّارُ مَا كَانُوا يَفْعَلُونَ ٣٦

84. ਸੂਰਤ ਅਲ-ਇਨਸ਼ਿਕਾਕ (ਮੱਕੀ-83)

سُورَةُ الْإِنْشِقَاقِ

(ਆਇਤਾਂ 25, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਜਦੋਂ ਅਕਾਸ਼ ਫੱਟ ਜਾਵੇਗਾ।

إِذَا السَّمَاءُ انْشَقَّتْ ١

2. ਅਤੇ ਉਹ ਆਪਣੇ ਰੱਬ ਦੇ ਹੁਕਮਾਂ ਦੀ ਪਾਲਣਾ ਕਰੇਗਾ ਅਤੇ ਇਹੋ ਉਸ ਲਈ ਹੱਕ ਬਣਦਾ ਹੈ।

وَأَذِنَتْ لِرَبِّهَا وَحُقَّتْ ٢

3. ਜਦੋਂ ਧਰਤੀ ਫੈਲਾਈ ਜਾਵੇਗੀ।

وَإِذَا الْأَرْضُ مُدَّتْ ٣

4. ਅਤੇ ਉਸ ਦੇ ਅੰਦਰ ਜੋ ਵੀ ਹੈ ਉਹ ਉਸ ਤੋਂ ਬਾਹਰ ਸੁੱਟ ਦੇਵੇਗੀ ਅਤੇ ਖਾਲੀ ਹੋ ਜਾਵੇਗੀ।

وَأَلْقَتْ مَا فِيهَا وَتَخَلَّتْ ٤

5. ਅਤੇ (ਇੰਜ) ਉਹ ਆਪਣੇ ਰੱਬ ਦੇ ਹੁਕਮਾਂ ਦੀ ਪਾਲਣਾ ਕਰੇਗੀ ਅਤੇ ਉਸ ਦਾ ਹੱਕ ਵੀ ਇਹੋ ਹੈ।

وَأَذِنَتْ لِرَبِّهَا وَحُقَّتْ ٥

6. (ਹੇ ਮਨੁੱਖ। ਤੂੰ ਆਪਣੇ ਰੱਬ ਵੱਲ (ਜਾਣ ਲਈ) ਕਰੜੀ ਮਿਹਨਤ ਕਰ ਰਿਹਾ ਹੈਂ, ਅੰਤ ਤੂੰ ਉਸ ਨੂੰ ਮਿਲਣ ਵਾਲਾ ਹੈਂ।

يَا أَيُّهَا الْإِنْسَانُ إِنَّكَ كَادِحٌ إِلَىٰ رَبِّكَ كَدْحًا فَمُلَاقِيهِ ٦

7. ਬਸ ਜਿਸ ਦੀ ਕਰਮ-ਪੱਤਰੀ ਉਸ ਦੇ ਸੱਜੇ ਹੱਥ ਵਿਚ ਦਿੱਤੀ ਜਾਵੇਗੀ।

فَأَمَّا مَنْ أُوتِيَ كِتَابَهُ بِيَمِينِهِ ٧

8. ਤਾਂ ਛੇਤੀ ਹੀ ਉਸ ਤੋਂ ਸੌਖਾ ਹਿਸਾਬ ਲਿਆ ਜਾਵੇਗਾ।

فَسَوْفَ يُحَاسَبُ حِسَابًا يَسِيرًا (8)

9. ਉਹ ਆਪਣੇ ਆਪਣੇ ਸਹਿ (ਨੇਕ ਲੋਕਾਂ) ਵੱਲ ਖ਼ੁਸ਼ੀ ਖ਼ੁਸ਼ੀ ਜਾਵੇਗਾ।

وَيَنقَلِبُ إِلَىٰ أَهْلِهِ مَسْرُورًا (9)

10. ਅਤੇ ਜਿਸ ਦੀ ਕਰਮ-ਪੱਤਰੀ ਉਸ ਦੀ ਪਿੱਠ ਪਿੱਛਿਓਂ ਫੜਾਈ ਜਾਵੇਗਾ।

وَأَمَّا مَنْ أُوتِيَ كِتَابَهُ وَرَاءَ ظَهْرِهِ (10)

11 ਤਾਂ ਉਹ ਜ਼ਰੂਰ ਹੀ ਬਰਬਾਦੀ ਨੂੰ ਸੱਦੇਗਾ।

فَسَوْفَ يَدْعُو ثُبُورًا (11)

12 ਅਤੇ ਉਹ ਭੜਕਦੀ ਹੋਈ ਅੱਗ ਵਿਚ ਸੁੱਟਿਆ ਜਾਵੇਗਾ।

وَيَصْلَىٰ سَعِيرًا (12)

13 ਬੇਸ਼ੱਕ ਉਹ (ਸੰਸਾਰ ਵਿਚ) ਆਪਣੇ ਪਰਿਵਾਰ (ਆਪਣੇ ਜਿਹਿਆਂ) ਵਿਚ ਬਹੁਤ ਖ਼ੁਸ਼ ਸੀ।

إِنَّهُ كَانَ فِي أَهْلِهِ مَسْرُورًا (13)

14. ਬੇਸ਼ੱਕ ਉਹ ਸਮਝਦਾ ਸੀ ਕਿ ਉਹ ਕਦੇ ਵੀ (ਅੱਲਾਹ ਵੱਲ) ਮੁੜਕੇ ਨਹੀਂ ਜਾਵੇਗਾ।

إِنَّهُ ظَنَّ أَن لَّن يَحُورَ (14)

15 ਕਿਉਂ ਨਹੀਂ (ਜਾਵੇਗਾ), ਉਸ ਦਾ ਰੱਬ ਉਸ ਨੂੰ ਵੇਖ ਰਿਹਾ ਸੀ।

بَلَىٰ إِنَّ رَبَّهُ كَانَ بِهِ بَصِيرًا (15)

16. ਸੋ ਮੈਂ ਸਹੁੰ ਖਾਂਦਾ ਹਾਂ ਸੰਝ ਵੇਲੇ ਦੀ ਲਾਲੀ ਦੀ।

فَلَا أُقْسِمُ بِالشَّفَقِ (16)

17 ਅਤੇ ਰਾਤ ਦੀ ਅਤੇ ਉਸ ਦੀ ਜੋ ਕੁੱਝ ਉਹ ਸਮੇਟ ਲੈਂਦੀ ਹੈ।

وَاللَّيْلِ وَمَا وَسَقَ (17)

18 ਅਤੇ ਚੰਨ ਦੀ ਜਦੋਂ ਉਹ ਪੂਰਾ ਹੁੰਦਾ ਹੈ।

وَالْقَمَرِ إِذَا اتَّسَقَ (18)

19. ਤੁਸੀਂ (ਲੋਕ) ਜ਼ਰੂਰ ਹੀ ਇਕ ਹਾਲਤ ਤੋਂ ਦੂਜੀ ਹਾਲਤ ਵੱਲ ਦਰਜਾ-ਬ-ਦਰਜਾ ਪਹੁੰਚ ਰਹੇ ਹੋ

لَتَرْكَبُنَّ طَبَقًا عَن طَبَقٍ (19)

20. ਫੇਰ ਇਹਨਾਂ (ਇਨਕਾਰੀਆਂ) ਨੂੰ ਕੀ ਹੋ ਗਿਆ ਕਿ ਉਹ ਈਮਾਨ ਨਹੀਂ ਲਿਆਏ?

فَمَا لَهُمْ لَا يُؤْمِنُونَ (20)

21. ਅਤੇ ਜਦੋਂ ਉਹਨਾਂ ਅੱਗੇ ਕ਼ੁਰਆਨ ਪੜ੍ਹਿਆ ਜਾਂਦਾ ਹੈ ਤਾਂ ਉਹ ਸਿਜਦਾ ਨਹੀਂ ਕਰਦੇ।

وَإِذَا قُرِئَ عَلَيْهِمُ الْقُرْآنُ لَا يَسْجُدُونَ ۩ ﴿21﴾

22 ਸਗੋਂ ਕਾਫ਼ਿਰ ਤਾਂ (ਕ਼ੁਰਆਨ ਨੂੰ) ਝੁਠਲਾਉਂਦੇ ਹਨ।[1]

بَلِ الَّذِينَ كَفَرُوا يُكَذِّبُونَ ﴿22﴾

23 ਅਤੇ ਜੋ ਕੁੱਝ ਵੀ ਉਹ (ਆਪਣੇ ਦਿਲਾਂ ਵਿਚ) ਸੁਰੱਖਿਅਤ ਰੱਖਦੇ ਹਨ ਅੱਲਾਹ ਉਹਨਾਂ (ਗੱਲਾਂ) ਨੂੰ ਭਲੀ-ਭਾਂਤ ਜਾਣਦਾ ਹੈ।

وَاللَّهُ أَعْلَمُ بِمَا يُوعُونَ ﴿23﴾

24. ਤੁਸੀਂ (ਹੇ ਮੁਹੰਮਦ ਸ:) ਉਹਨਾਂ ਨੂੰ ਦੁਖਦਾਈ ਅਜ਼ਾਬ ਦੀ ਖ਼ੁਸ਼ਖ਼ਬਰੀ ਸੁਣਾ ਦਿਓ।

فَبَشِّرْهُمْ بِعَذَابٍ أَلِيمٍ ﴿24﴾

25. ਪਰ ਜਿਹੜੇ ਲੋਕ ਅੱਲਾਹ ਅਤੇ ਰਸੂਲ ਉੱਤੇ ਈਮਾਨ ਲਿਆਏ ਅਤੇ ਉਹਨਾਂ ਨੇ ਨੇਕ ਕਰਮ ਵੀ ਕੀਤੇ, ਉਹਨਾਂ ਲਈ ਨਾ ਮੁੱਕਣ ਵਾਲਾ ਅਜਰ (ਬਦਲਾ) ਹੈ।

إِلَّا الَّذِينَ آمَنُوا وَعَمِلُوا الصَّالِحَاتِ لَهُمْ أَجْرٌ غَيْرُ مَمْنُونٍ ﴿25﴾

85. ਸੂਰਤ ਅਲ-ਬੁਰੂਜ (ਮੱਕੀ-27)

سُورَةُ الْبُرُوجِ

(ਆਇਤਾਂ 22, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1 ਬੁਰਜਾਂ ਵਾਲੇ ਅਕਾਸ਼ ਦੀ ਸਹੁੰ।[2]

وَالسَّمَاءِ ذَاتِ الْبُرُوجِ ﴿1﴾

2. ਅਤੇ ਉਸ ਦਿਨ ਦੀ ਸਹੁੰ ਜਿਸ (ਦੇ ਆਉਣ) ਦਾ ਵਚਨ ਦਿੱਤਾ ਹੋਇਆ ਹੈ।

وَالْيَوْمِ الْمَوْعُودِ ﴿2﴾

---

1 ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 65/3

2 ਬੁਰਜ ਤੋਂ ਭਾਵ ਤਾਰਿਆਂ ਦੀਆਂ ਮੰਜ਼ਿਲਾਂ ਹਨ। ਕੁੱਝ ਵਿਦਵਾਨਾਂ ਅਨੁਸਾਰ ਇਸ ਤੋਂ ਭਾਵ ਤਾਰੇ ਹਨ। ਤਾਰਿਆਂ ਵਾਲੇ ਅਕਾਸ਼ ਦੀ ਸਹੁੰ। (ਵੇਖੋ ਸੂਰਤ ਅਲ-ਅਨਾਮ, ਹਾਸ਼ੀਆ ਆਇਤ 97/6)

3 (ਕਿਆਮਤ ਦਿਹਾੜੇ ਰੱਬ ਦੇ ਹਜ਼ੂਰ) ਹਾਜ਼ਰ ਹੋਣ ਵਾਲੀ (ਕਿਆਮਤ) ਅਤੇ ਹਾਜ਼ਰ ਕੀਤੇ ਗਏ (ਪ੍ਰਾਣੀਆਂ) ਦੀ ਸਹੁੰ।

وَشَاهِدٍ وَمَشْهُودٍ 3

4. ਖ਼ੰਦਕਾਂ (ਖਾਈ) ਵਾਲੇ ਤਬਾਹ ਹੋ ਗਏ।[1]

قُتِلَ أَصْحَابُ الْأُخْدُودِ 4

5 ਉਹਨਾਂ ਖ਼ੰਦਕਾਂ ਵਿਚ (ਭੜਕਦੇ ਹੋਏ) ਬਾਲਣ ਵਾਲੀ ਅੱਗ ਸੀ।

النَّارِ ذَاتِ الْوَقُودِ 5

6 ਜਦੋਂ ਉਹ ਉਸ ਖ਼ੰਦਕ (ਖਾਈ) ਦੇ ਕੰਢੇ 'ਤੇ ਬੈਠੇ ਸਨ।

إِذْ هُمْ عَلَيْهَا قُعُودٌ 6

7 ਅਤੇ ਜੋ ਕੁੱਝ ਉਹ ਈਮਾਨ ਵਾਲਿਆਂ ਨਾਲ ਕਰ ਰਹੇ ਸੀ (ਅਸੀਂ) ਉਸ ਨੂੰ ਵੇਖ ਰਹੇ ਸਨ।

وَهُمْ عَلَىٰ مَا يَفْعَلُونَ بِالْمُؤْمِنِينَ شُهُودٌ 7

8 ਅਤੇ ਉਹਨਾਂ (ਜ਼ਾਲਮਾਂ) ਨੂੰ (ਈਮਾਨ ਵਾਲਿਆਂ ਦਾ) ਇਹੋ ਕੰਮ ਬੁਰਾ ਲੱਗ ਰਿਹਾ ਸੀ ਕਿ ਉਹ ਉਸ ਅੱਲਾਹ ਉੱਤੇ ਈਮਾਨ ਲਿਆਏ ਸਨ, ਜਿਹੜਾ ਜ਼ੋਰਾਵਰ ਅਤੇ ਸ਼ਲਾਘਾਯੋਗ ਹੈ।

وَمَا نَقَمُوا مِنْهُمْ إِلَّا أَنْ يُؤْمِنُوا بِاللَّهِ الْعَزِيزِ الْحَمِيدِ 8

9 ਉਹ ਹਸਤੀ ਕਿ ਉਸੇ ਲਈ ਅਕਾਸ਼ਾਂ ਤੇ ਧਰਤੀ ਦੀ ਪਾਤਸ਼ਾਹੀ ਹੈ ਅਤੇ ਅੱਲਾਹ ਹਰੇਕ ਚੀਜ਼ ਨੂੰ ਵੇਖ ਰਿਹਾ ਹੈ।

الَّذِي لَهُ مُلْكُ السَّمَاوَاتِ وَالْأَرْضِ ۚ وَاللَّهُ عَلَىٰ كُلِّ شَيْءٍ شَهِيدٌ 9

10. ਜਿਨ੍ਹਾਂ ਲੋਕਾਂ ਨੇ ਈਮਾਨ ਵਾਲੇ ਪੁਰਸ਼ਾਂ ਨੂੰ ਅਤੇ ਈਮਾਨ ਵਾਲੀਆਂ ਜ਼ਨਾਨੀਆਂ ਨੂੰ ਸਤਾਇਆ ਫੇਰ (ਇਸ ਤੋਂ) ਤੌਬਾ ਵੀ ਨਹੀਂ, ਕੀਤੀ ਉਹਨਾਂ ਲਈ ਨਰਕ ਦਾ ਅਜ਼ਾਬ (ਸਜ਼ਾ) ਹੈ ਅਤੇ ਉਹਨਾਂ ਲਈ ਸਾੜੇ ਜਾਣ ਵਾਲੀ ਸਜ਼ਾ ਹੈ।

إِنَّ الَّذِينَ فَتَنُوا الْمُؤْمِنِينَ وَالْمُؤْمِنَاتِ ثُمَّ لَمْ يَتُوبُوا فَلَهُمْ عَذَابُ جَهَنَّمَ وَلَهُمْ عَذَابُ الْحَرِيقِ 10

[1] ਇਕ ਹਦੀਸ ਅਨੁਸਾਰ ਬੀਤੇ ਸਮੇਂ ਵਿਚ ਇਕ ਬਾਦਸ਼ਾਹ ਸੀ ਜਿਸ ਨੇ ਈਮਾਨ ਵਾਲਿਆਂ ਨੂੰ ਕਸ਼ਟ ਦੇਣ ਲਈ ਅਤੇ ਉਹਨਾਂ ਨੂੰ ਹੱਕ ਸੱਚ ਵਾਲੀ ਰਾਹ ਤੋਂ ਪਰਾਂ ਕਰਨ ਲਈ ਵੱਡੇ-ਵੱਡੇ (ਖੰਦਕਾਂ) ਟੋਏ ਪੁੱਟਵਾਈਆਂ ਸੀ ਅਤੇ ਉਸ ਵਿਚ ਅੱਗਾਂ ਬਾਲੀ ਕੇ ਹੁਕਮ ਦਿੱਤਾ ਕਿ ਇਹਨਾਂ ਵਿੱਚੋਂ ਜਿਹੜਾ ਈਮਾਨ ਤੋਂ ਮੁਨਕਰ ਨਹੀਂ ਹੁੰਦਾ ਉਸ ਨੂੰ ਅੱਗ ਵਿਚ ਸੁੱਟ ਦਿਓ। ਇਸ ਈਮਾਨ ਵਾਲੇ ਆਉਂਦੇ ਰਹੇ ਅਤੇ ਅੱਗ ਦੇ ਹਵਾਲੇ ਹੁੰਦੇ ਗਏ। ਇੱਥੋਂ ਤਕ ਕਿ ਇਕ ਔਰਤ ਆਈ ਜਿਸ ਦੇ ਨਾਲ ਇਕ ਬੱਚਾ ਵੀ ਸੀ ਉਹ ਕੁੱਝ ਪਲ ਲਈ ਝਿਜਕੀ ਤਾਂ ਬੱਚਾ ਬੋਲ ਪਿਆ ਕਿ ਹੇ ਮਾਂ! ਸਬਰ ਕਰ, ਤੂੰ ਹੱਕ 'ਤੇ ਹੈਂ। ਉਹ ਵੀ ਲੈ ਕੇ ਬੱਚਾ ਅੱਗ ਵਿਚ ਕੁੱਦ ਗਈ ਤਾਂ ਜੋ ਜੰਨਤ ਵਿਚ ਬੱਚਿਆਂ ਦੇ ਸਾਥ ਹੋਵੇ। (ਸਹੀ ਮੁਸਲਿਮ, ਹਦੀਸ: 3005)

إِنَّ الَّذِينَ آمَنُوا وَعَمِلُوا الصَّالِحَاتِ لَهُمْ جَنَّاتٌ تَجْرِي مِن تَحْتِهَا الْأَنْهَارُ ۚ ذَٰلِكَ الْفَوْزُ الْكَبِيرُ ﴿11﴾

11. ਬੇਸ਼ੱਕ ਜਿਹੜੇ ਈਮਾਨ ਲਿਆਏ ਅਤੇ ਉਹਨਾਂ ਨੇ ਭਲੇ ਕੰਮ ਵੀ ਕੀਤੇ ਉਹਨਾਂ ਲਈ ਬਾਗ਼ ਹਨ, ਜਿਨ੍ਹਾਂ ਹੇਠ ਨਹਿਰਾਂ ਵਗਦੀਆਂ ਹਨ, ਇਹੋ ਅਸਲੀ ਕਾਮਯਾਬੀ ਹੈ।

إِنَّ بَطْشَ رَبِّكَ لَشَدِيدٌ ﴿12﴾

12. ਬੇਸ਼ੱਕ ਤੁਹਾਡੇ ਰੱਬ ਦੀ ਪਕੜ ਬਹੁਤ ਹੀ ਕਰੜੀ ਹੈ।

إِنَّهُ هُوَ يُبْدِئُ وَيُعِيدُ ﴿13﴾

13. ਬੇਸ਼ੱਕ ਉਹੀਓ ਪਹਿਲੀ ਵਾਰ ਪੈਦਾ ਕਰਦਾ ਹੈ ਅਤੇ ਉਹੀਓ ਦੂਜੀ ਵਾਰ (ਮਰਨ ਤੋਂ ਬਾਅਦ) ਪੈਦਾ ਕਰੇਗਾ।

وَهُوَ الْغَفُورُ الْوَدُودُ ﴿14﴾

14 ਉਹ ਬਹੁਤ ਹੀ ਵੱਡਾ ਬਖ਼ਸ਼ਣਹਾਰ ਅਤੇ ਬਹੁਤ ਹੀ ਮੁਹੱਬਤ ਕਰਨ ਵਾਲਾ ਹੈ।

ذُو الْعَرْشِ الْمَجِيدُ ﴿15﴾

15 ਉਹ ਅਰਸ਼ ਦਾ ਮਾਲਿਕ ਅਤੇ ਉੱਚੀ ਸ਼ਾਨ ਵਾਲਾ ਹੈ।

فَعَّالٌ لِّمَا يُرِيدُ ﴿16﴾

16 ਜੋ ਚਾਹੁੰਦਾ ਹੈ ਕਰਦਾ ਹੈ।

هَلْ أَتَاكَ حَدِيثُ الْجُنُودِ ﴿17﴾

17. ਕੀ ਤੁਹਾਨੂੰ ਫ਼ੌਜਾਂ ਦੀ ਖ਼ਬਰ ਪਹੁੰਚੀ ਹੈ।

فِرْعَوْنَ وَثَمُودَ ﴿18﴾

18. ਭਾਵ ਫ਼ਿਰਔਨ ਅਤੇ ਸਮੂਦ (ਦੀਆਂ ਫ਼ੌਜਾਂ)।

بَلِ الَّذِينَ كَفَرُوا فِي تَكْذِيبٍ ﴿19﴾

19. ਜਦ ਕਿ ਕਾਫ਼ਿਰ (ਇਨਕਾਰੀ) ਤਾਂ (ਇਸ ਖ਼ਬਰ ਨੂੰ) ਝੁਠਲਾਉਣ ਵਿਚ ਲੱਗੇ ਹੋਏ ਹਨ।

وَاللَّهُ مِن وَرَائِهِم مُّحِيطٌ ﴿20﴾

20. ਅਤੇ (ਜਦ ਕਿ) ਅੱਲਾਹ ਨੇ ਹਰ ਪਾਸਿਓਂ ਉਹਨਾਂ ਨੂੰ ਘੇਰਾ ਪਾ ਰੱਖਿਆ ਹੈ।

بَلْ هُوَ قُرْآنٌ مَّجِيدٌ ﴿21﴾

21. ਇਹ ਕੁਰਆਨ ਤਾਂ ਉੱਚੀ ਸ਼ਾਨ ਵਾਲਾ ਹੈ।

فِي لَوْحٍ مَّحْفُوظٍ ﴿22﴾

22. ਜੋ ਕਿ ਲੌਹੇ ਮਹਿਫ਼ੂਜ਼ (ਸੁਰੱਖਿਅਤ ਪੱਟੀ) ਵਿਚ (ਲਿਖਿਆ ਹੋਇਆ) ਹੈ।

86. ਸੂਰਤ ਅਤ-ਤਾਰਿਕ (ਮੱਕੀ-27)

سُورَةُ الطَّارِقِ

(ਆਇਤਾਂ 17, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਸਹੁੰ ਹੈ ਅਕਾਸ਼ ਦੀ ਅਤੇ ਰਾਤ ਵੇਲੇ ਆਉਣ ਵਾਲੇ ਦੀ।

وَالسَّمَآءِ وَالطَّارِقِ ۙ 1

2. ਤੁਸੀਂ ਕੀ ਜਾਣੋਂ ਕਿ ਰਾਤ ਵੇਲੇ ਕੀ ਆਉਣ ਵਾਲਾ ਹੈ?

وَمَآ اَدْرٰىكَ مَا الطَّارِقُ ۙ 2

3. ਉਹ ਇਕ ਲਿਸ਼ਕਦਾ ਹੋਇਆ ਤਾਰਾ ਹੈ।

النَّجْمُ الثَّاقِبُ ۙ 3

4. ਕੋਈ ਜੀਵ ਅਜਿਹਾ ਨਹੀਂ, ਜਿਸ ਉੱਤੇ ਕੋਈ ਰਾਖੀ ਕਰਨ ਵਾਲਾ ਨਾ ਹੋਵੇ।[1]

اِنْ كُلُّ نَفْسٍ لَّمَّا عَلَيْهَا حَافِظٌ ؕ 4

5. ਸੋ ਮਨੁੱਖ ਨੂੰ ਰਤਾ ਇਹ ਵੇਖਣਾ ਚਾਹੀਦਾ ਹੈ ਕਿ ਉਹ ਕਿਸ ਚੀਜ਼ ਤੋਂ ਪੈਦਾ ਕੀਤਾ ਗਿਆ ਹੈ।

فَلْيَنْظُرِ الْاِنْسَانُ مِمَّ خُلِقَ ؕ 5

6. ਉਹ ਉੱਛਲਣ ਵਾਲੇ ਪਾਣੀ (ਵੀਰਜ) ਤੋਂ ਪੈਦਾ ਕੀਤਾ ਗਿਆ ਹੈ।

خُلِقَ مِنْ مَّآءٍ دَافِقٍ ۙ 6

7. ਜਿਹੜਾ ਪਿੱਠ ਅਤੇ ਹਿੱਕ ਦੀਆਂ ਹੱਡੀਆਂ ਦੇ ਵਿਚਾਲਿਓਂ ਨਿਕਲਦਾ ਹੈ।

يَّخْرُجُ مِنْۢ بَيْنِ الصُّلْبِ وَالتَّرَآئِبِ ؕ 7

8. ਬੇਸ਼ੱਕ ਉਹ (ਅੱਲਾਹ) ਇਸ (ਮਨੁੱਖ) ਨੂੰ ਮੁੜ ਪੈਦਾ ਕਰਨ ਵਿਚ ਵੀ ਸਮਰਥ ਹੈ।

اِنَّهٗ عَلٰى رَجْعِهٖ لَقَادِرٌ ؕ 8

9. ਜਿਸ ਦਿਨ ਸਾਰੇ ਭੇਤ ਖੋਲ੍ਹ ਦਿੱਤੇ ਜਾਣਗੇ।

يَوْمَ تُبْلَى السَّرَآئِرُ ۙ 9

---

[1] ਵੇਖੋ ਸੂਰਤ ਅਲ-ਅਨਾਮ, ਹਾਸ਼ੀਆ ਆਇਤ 160-61/6

10. ਤਾਂ (ਉਸ ਸਮੇਂ) ਮਨੁੱਖ ਕੋਲ ਨਾ ਕੋਈ ਜ਼ੋਰ ਹੋਵੇਗਾ ਅਤੇ ਨਾ ਹੀ ਉਸ ਦਾ ਕੋਈ ਸਹਾਈ ਹੋਵੇਗਾ।

فَمَا لَهُ مِن قُوَّةٍ وَلَا نَاصِرٍ (10)

11. ਸਹੁੰ ਹੈ ਵਾਰ-ਵਾਰ ਮੀਂਹ ਵਰਸਾਉਣ ਵਾਲੇ ਅਕਾਸ਼ ਦੀ।

وَالسَّمَاءِ ذَاتِ الرَّجْعِ (11)

12. ਅਤੇ ਪਾਟ ਜਾਣ ਵਾਲੀ ਧਰਤੀ ਦੀ।

وَالْأَرْضِ ذَاتِ الصَّدْعِ (12)

13. ਬੇਸ਼ੱਕ ਇਹ (ਕੁਰਆਨ) ਇਕ ਨਪੀ ਤੁਲੀ ਗੱਲ ਹੈ।

إِنَّهُ لَقَوْلٌ فَصْلٌ (13)

14. ਇਹ ਕੋਈ ਹਾਸਾ ਮਖੌਲ ਨਹੀਂ।

وَمَا هُوَ بِالْهَزْلِ (14)

15. ਬੇਸ਼ੱਕ ਇਹ (ਕਾਫ਼ਿਰ) ਕੁੱਝ ਚਾਲਾਂ ਚੱਲ ਰਹੇ ਹਨ।

إِنَّهُمْ يَكِيدُونَ كَيْدًا (15)

16 ਅਤੇ ਮੈਂ ਵੀ ਇਕ ਚਾਲ ਚਲਦਾ ਹਾਂ।

وَأَكِيدُ كَيْدًا (16)

17. ਸੋ (ਹੇ ਨਬੀ!) ਤੁਸੀਂ ਇਹਨਾਂ ਕਾਫ਼ਿਰਾਂ ਨੂੰ ਇਹਨਾਂ ਦੇ ਹਾਲ 'ਤੇ ਹੀ ਛੱਡ ਦਿਓ।

فَمَهِّلِ الْكَافِرِينَ أَمْهِلْهُمْ رُوَيْدًا (17)

87. ਸੂਰਤ ਅਲ-ਆਅਲਾ (ਮੱਕੀ-8)

سُورَةُ الْأَعْلَىٰ

(ਆਇਤਾਂ 19, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1 ਤੁਸੀਂ (ਹੇ ਨਬੀ!) ਆਪਣੇ ਸਭ ਤੋਂ ਉੱਚੇ (ਰੁਤਬੇ ਵਾਲੇ) ਰੱਬ ਦੇ ਨਾਂ ਦੀ ਪਾਕੀ ਬਿਆਨ ਕਰੋ।

سَبِّحِ اسْمَ رَبِّكَ الْأَعْلَى (1)

2. ਜਿਸ ਨੇ (ਸਭ ਕੁੱਝ) ਪੈਦਾ ਕੀਤਾ ਅਤੇ ਸੰਤੁਲਨ ਸਥਾਪਤ ਕੀਤਾ।

الَّذِي خَلَقَ فَسَوَّىٰ (2)

3. ਜਿਸ ਨੇ (ਵੱਖਰੀ ਵੱਖਰੀ) ਤਕਦੀਰ ਬਣਾਈ ਅਤੇ ਫੇਰ ਹਿਦਾਇਤ ਪ੍ਰਦਾਨ ਕੀਤੀ।

وَالَّذِي قَدَّرَ فَهَدَىٰ (3)

4. ਅਤੇ ਜਿਸ ਨੇ (ਧਰਤੀ 'ਚੋਂ) ਚਾਰਾ ਕੱਢਿਆ।

وَالَّذِي أَخْرَجَ الْمَرْعَىٰ (4)

5. ਫੇਰ ਉਸ ਨੂੰ ਕਾਲਾ ਕੂੜਾ-ਕਰਕਟ ਬਣਾ ਦਿੱਤਾ।

فَجَعَلَهُ غُثَاءً أَحْوَىٰ (5)

6. ਅਸੀਂ ਤੁਹਾਨੂੰ (ਹੇ ਨਬੀ!) ਛੇਤੀ ਹੀ (ਕੁਰਆਨ) ਯਾਦ ਕਰਵਾ ਦੇਵਾਂਗੇ ਫੇਰ ਤੁਸੀਂ ਭੁੱਲੋਗੇ ਨਹੀਂ।

سَنُقْرِئُكَ فَلَا تَنسَىٰ (6)

7. ਪਰ ਜੋ ਰੱਬ ਚਾਹੇ (ਉਹੀਓ ਯਾਦ ਰੱਖੋਗੇ), ਬੇਸ਼ੱਕ ਉਹੀਓ ਜ਼ਾਹਿਰ ਨੂੰ ਜਾਣਦਾ ਹੈ ਅਤੇ ਲੁਕਿਆ ਹੋਇਆ ਚੀਜ਼ਾਂ ਨੂੰ ਵੀ।

إِلَّا مَا شَاءَ اللَّهُ ۚ إِنَّهُ يَعْلَمُ الْجَهْرَ وَمَا يَخْفَىٰ (7)

8. ਅਸੀਂ ਤੁਹਾਨੂੰ (ਹੇ ਨਬੀ!) ਸੁਖਾਵੇਂ ਰਾਹ ਵੱਲ ਦੀਆਂ ਸਹੂਲਤਾਂ ਪ੍ਰਦਾਨ ਕਰਾਂਗੇ।

وَنُيَسِّرُكَ لِلْيُسْرَىٰ (8)

9. ਫੇਰ ਤੁਸੀਂ (ਲੋਕਾਂ ਨੂੰ) ਨਸੀਹਤਾਂ ਕਰੋ ਪਰ ਜੇ ਨਸੀਹਤ ਦੇਣ ਦਾ ਲਾਭ ਹੋਵੇ।

فَذَكِّرْ إِن نَّفَعَتِ الذِّكْرَىٰ (9)

10. ਜਿਹੜਾ (ਨਰਕ ਤੋਂ) ਡਰਦਾ ਹੈ ਉਹ ਜ਼ਰੂਰ ਹੀ ਨਸੀਹਤ ਨੂੰ ਕਬੂਲ ਕਰੇਗਾ।

سَيَذَّكَّرُ مَن يَخْشَىٰ (10)

11. ਅਤੇ ਅਤਿਅੰਤ ਅਭਾਗਾ ਹੀ ਇਸ (ਨਸੀਹਤ) ਤੋਂ ਦੂਰ ਰਹੇਗਾ।

وَيَتَجَنَّبُهَا الْأَشْقَى (11)

12. ਜਿਹੜਾ (ਅੰਤ) ਇਕ ਵੱਡੀ ਅੱਗ ਵਿਚ ਜਾਵੇਗਾ।

الَّذِي يَصْلَى النَّارَ الْكُبْرَىٰ (12)

13. ਫੇਰ ਉਸ ਵਿਚ ਨਾ ਤਾਂ ਉਹ ਮਰੇਗਾ ਅਤੇ ਨਾ ਹੀ ਜੀਵੇਗਾ।

ثُمَّ لَا يَمُوتُ فِيهَا وَلَا يَحْيَىٰ (13)

14. ਬੇਸ਼ੱਕ ਉਹ ਵਿਅਕਤੀ ਸਫ਼ਲ ਹੋ ਗਿਆ ਜਿਹੜਾ (ਬੁਰਾਈਆਂ ਤੋਂ) ਪਾਕ ਹੋ ਗਿਆ।

قَدْ أَفْلَحَ مَن تَزَكَّىٰ (14)

15. ਅਤੇ ਆਪਣੇ ਰੱਬ ਦੇ ਨਾਂ ਦਾ ਸਿਮਰਨ ਕੀਤਾ ਅਤੇ ਨਮਾਜ਼ ਪੜ੍ਹੀ।

وَذَكَرَ اسْمَ رَبِّهِ فَصَلَّىٰ (15)

16. ਪਰ ਤੁਸੀਂ ਲੋਕ ਸੰਸਾਰਿਕ ਜੀਵਨ ਨੂੰ ਹੀ ਪਹਿਲ ਦਿੰਦੇ ਹੋ।

بَلْ تُؤْثِرُوْنَ الْحَيٰوةَ الدُّنْيَا ﴿١٦﴾

17. ਜਦ ਕਿ ਪਰਲੋਕ ਬਹੁਤ ਹੀ ਵਧੀਆ ਅਤੇ ਸਦਾ ਰਹਿਣ ਵਾਲੀ (ਥਾਂ) ਹੈ।

وَالْاٰخِرَةُ خَيْرٌ وَّاَبْقٰى ﴿17﴾

18. ਇਹ (ਗੱਲਾਂ) ਪਹਿਲਾਂ ਆਈਆਂ ਹੋਈਆਂ ਕਿਤਾਬਾਂ ਵਿਚ ਵੀ (ਆਖੀਆਂ ਗਈਆਂ) ਸਨ।

اِنَّ هٰذَا لَفِي الصُّحُفِ الْاُوْلٰى ﴿١٨﴾

19. ਅਰਥਾਤ ਇਬਰਾਹੀਮ ਤੇ ਮੂਸਾ ਦੀਆਂ ਪੋਥੀਆਂ ਵਿਚ ਵੀ ਸਨ।

صُحُفِ اِبْرٰهِيْمَ وَمُوْسٰى ﴿19﴾

88. ਸੂਰਤ ਅਲ ਗ਼ਾਸ਼ੀਆ (ਮੱਕੀ-68)

سُوْرَةُ الْغَاشِيَةِ

(ਆਇਤਾਂ 26, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਕੀ ਤੁਹਾਨੂੰ (ਹਰੇਕ ਚੀਜ਼ 'ਤੇ) ਛਾ ਜਾਣ ਵਾਲੀ (ਕਿਆਮਤ) ਦੀ ਸੂਚਨਾ ਪਹੁੰਚ ਗਈ ਹੈ?

هَلْ اَتٰىكَ حَدِيْثُ الْغَاشِيَةِ ﴿1﴾

2. ਉਸ ਦਿਹਾੜੇ ਕਿੰਨੇ ਹੀ ਚਿਹਰੇ ਜ਼ਲੀਲ (ਰੁਸਵਾ) ਹੋਣਗੇ।

وُجُوْهٌ يَّوْمَئِذٍ خَاشِعَةٌ ﴿2﴾

3. (ਸੰਸਾਰਿਕ ਜੀਵਨ ਲਈ) ਕਰੜੀ ਮਿਹਨਤ ਕਰਨ ਵਾਲੇ ਥੱਕੇ ਹਾਰੇ ਹੋਣਗੇ।

عَامِلَةٌ نَّاصِبَةٌ ﴿3﴾

4. ਝੁਲਸਦੀ ਹੋਈ ਅੱਗ ਵਿਚ ਸੁੱਟੇ ਜਾਣਗੇ।

تَصْلٰى نَارًا حَامِيَةً ﴿4﴾

5 ਉਹਨਾਂ ਨੂੰ (ਨਰਕ ਵਿਚ) ਉੱਬਲਦੇ ਹੋਏ ਸੋਮੇ ਦਾ ਪਾਣੀ ਪਿਆਇਆ ਜਾਵੇਗਾ।

تُسْقٰى مِنْ عَيْنٍ اٰنِيَةٍ ﴿5﴾

6 ਉਹਨਾਂ ਦਾ ਭੋਜਨ ਕੇਵਲ ਕੰਡੇਦਾਰ ਝਾੜੀਆਂ ਹੋਣਗੀਆਂ।

لَيْسَ لَهُمْ طَعَامٌ اِلَّا مِنْ ضَرِيْعٍ ﴿6﴾

لَا يُسْمِنُ وَلَا يُغْنِي مِنْ جُوعٍ ⑦

7. ਜਿਹੜਾ ਨਾ ਤਾਂ ਮੋਟਾ ਕਰੇਗਾ ਅਤੇ ਨਾ ਹੀ ਭੁੱਖ ਮਟਾਵੇਗਾ।

وُجُوهٌ يَوْمَئِذٍ نَاعِمَةٌ ⑧

8. ਉਸੇ ਦਿਨ ਕਈ ਚਿਹਰੇ ਖਿੜੇ ਹੋਣਗੇ।

لِسَعْيِهَا رَاضِيَةٌ ⑨

9. (ਸੰਸਾਰ ਵਿਚ) ਆਪਣੀਆਂ ਕੀਤੀਆਂ ਕੋਸ਼ਿਸ਼ਾਂ 'ਤੇ ਖ਼ੁਸ਼ ਹੋਣਗੇ।

فِي جَنَّةٍ عَالِيَةٍ ⑩

10. ਸਵਰਗਾਂ ਵਿਖੇ ਹੋਣਗੇ।

لَا تَسْمَعُ فِيهَا لَاغِيَةً ⑪

11 ਉਸ ਵਿਚ ਉਹ ਕੋਈ ਵੀ ਵਿਅਰਥ ਗੱਲ ਨਹੀਂ ਸੁਣਨਗੇ।

فِيهَا عَيْنٌ جَارِيَةٌ ⑫

12. ਉਸ (ਸਵਰਗ) ਵਿਚ ਇਕ ਚਸ਼ਮਾਂ ਵਗਦਾ ਹੋਵੇਗਾ।

فِيهَا سُرُرٌ مَرْفُوعَةٌ ⑬

13 ਉਸ ਵਿਚ ਉੱਚੇ ਤਖ਼ਤ ਹੋਣਗੇ।

وَأَكْوَابٌ مَوْضُوعَةٌ ⑭

14. ਅਤੇ ਜਾਮ ਰੱਖੇ ਹੋਣਗੇ।

وَنَمَارِقُ مَصْفُوفَةٌ ⑮

15 ਕਤਾਰਾਂ ਵਿਚ ਗਾਵੇ ਲੱਗੇ ਹੋਣਗੇ।

وَزَرَابِيُّ مَبْثُوثَةٌ ⑯

16. ਅਤੇ ਵਧੀਆ ਕਾਲੀਨ ਵਿਛੇ ਹੋਣਗੇ।

أَفَلَا يَنْظُرُونَ إِلَى الْإِبِلِ كَيْفَ خُلِقَتْ ⑰

17 ਕੀ ਉਹ (ਰੱਬ ਦੇ ਇਨਕਾਰੀ) ਊਠਾਂ ਵੱਲ ਨਹੀਂ ਵੇਖਦੇ ਕਿ ਉਹ ਕਿਵੇਂ ਪੈਦਾ ਕੀਤੇ ਗਏ ਹਨ?

وَإِلَى السَّمَاءِ كَيْفَ رُفِعَتْ ⑱

18. ਅਤੇ ਅਕਾਸ਼ ਨੂੰ (ਨਹੀਂ ਵੇਖਦੇ) ਕਿ ਕਿਵੇਂ ਉੱਚਾ ਕੀਤਾ ਗਿਆ ਹੈ?

وَإِلَى الْجِبَالِ كَيْفَ نُصِبَتْ ⑲

19 ਅਤੇ ਪਹਾੜਾਂ ਵੱਲ (ਨਹੀਂ ਵੇਖਦੇ) ਕਿ ਕਿਵੇਂ ਗੱਡੇ ਹੋਏ ਹਨ।

وَإِلَى الْأَرْضِ كَيْفَ سُطِحَتْ ⑳

20 ਅਤੇ ਧਰਤੀ ਵੱਲ (ਨਹੀਂ ਵੇਖਦੇ) ਕਿ ਕਿਵੇਂ ਵਿਛਾਈ ਗਈ ਹੈ?

21. ਸੋ ਤੁਸੀਂ (ਹੇ ਨਬੀ!) ਨਸੀਹਤ ਕਰਦੇ ਰਹੋ, ਤੁਸੀਂ ਤਾਂ ਕੇਵਲ ਨਸੀਹਤ ਕਰਨ ਵਾਲੇ ਹੋ।

فَذَكِّرْ إِنَّمَا أَنتَ مُذَكِّرٌ ﴿21﴾

22. ਤੁਸੀਂ ਇਹਨਾਂ 'ਤੇ ਕੋਈ ਦਰੋਗਾ ਨਹੀਂ।

لَّسْتَ عَلَيْهِم بِمُصَيْطِرٍ ﴿22﴾

23. ਹਾਂ ਜਿਸ ਵਿਅਕਤੀ ਨੇ (ਤੁਹਾਡੀ ਨਸੀਹਤ ਤੋਂ) ਮੂੰਹ ਮੋੜਿਆ ਅਤੇ ਇਨਕਾਰ ਕੀਤਾ।

إِلَّا مَن تَوَلَّىٰ وَكَفَرَ ﴿23﴾

24. ਉਸ ਨੂੰ ਅੱਲਾਹ ਬਹੁਤ ਵੱਡਾ ਅਜ਼ਾਬ ਦੇਵੇਗਾ।

فَيُعَذِّبُهُ اللَّهُ الْعَذَابَ الْأَكْبَرَ ﴿24﴾

25. ਬੇਸ਼ੱਕ ਸਾਡੇ ਵੱਲ ਹੀ ਇਹਨਾਂ ਸਭ ਨੇ ਪਰਤਣਾ ਹੈ।

إِنَّ إِلَيْنَا إِيَابَهُمْ ﴿25﴾

26. ਫੇਰ ਬੇਸ਼ੱਕ ਇਹਨਾਂ ਦਾ ਲੇਖਾ-ਜੋਖਾ ਲੈਣਾ ਸਾਡੇ ਹੀ ਜ਼ਿੰਮੇ ਹੈ।

ثُمَّ إِنَّ عَلَيْنَا حِسَابَهُم ﴿26﴾

89. ਸੂਰਤ ਅਲ-ਫ਼ਜਰ (ਮੱਕੀ-10)

سُورَةُ الْفَجْرِ

(ਆਇਤਾਂ 30, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਸਹੁੰ ਹੈ ਪਹੁਫੁਟਣ ਦੀ।

وَالْفَجْرِ ﴿1﴾

2. ਅਤੇ ਦਸ ਰਾਤਾਂ ਦੀ।[1]

وَلَيَالٍ عَشْرٍ ﴿2﴾

---

[1] ਬਹੁਤੇ ਵਿਦਵਾਨ ਇਸ ਤੋਂ ਜ਼ਿਲ ਹੱਜ ਦੀਆਂ ਪਹਿਲੀਆਂ ਦੱਸ ਰਾਤਾਂ ਸਮਝਦੇ ਹਨ ਜਿਨ੍ਹਾਂ ਦੀ ਵਡਿਆਈ ਹਦੀਸਾਂ ਤੋਂ ਸਿੱਧ ਹੁੰਦੀ ਹੈ। ਨਬੀ (ਸ:) ਨੇ ਫ਼ਰਮਾਇਆ ਕਿ ਕਿਸੇ ਵੀ ਦੂਜੇ ਦਿਨਾਂ ਦਾ ਅਮਲ ਕਰਨਾ ਇਹਨਾਂ ਜ਼ਿਲ ਹੱਜ ਦੇ ਪਹਿਲੇ ਦਸ ਦਿਨਾਂ ਦੇ ਅਮਲ ਤੋਂ ਵਧ ਨਹੀਂ। ਸਾਥੀਆਂ ਨੇ ਪੁੱਛਿਆ ਕਿ ਜਿਹਾਦ ਵੀ ਨਹੀਂ? ਆਪ (ਸ:) ਨੇ ਫ਼ਰਮਾਇਆ ਕਿ ਜਿਹਾਦ ਵੀ ਨਹੀਂ, ਪਰ ਹਾਂ! ਕੇਵਲ ਉਹ ਜਿਹਾਦ ਜਿਸ ਨੇ ਆਪਣੀ ਜਾਨ ਮਾਲ ਦੇ ਨਾਲ ਜਿਹਾਦ ਕੀਤਾ ਅਤੇ ਵਾਪਸ ਮੁੜ ਕੇ ਵੀ ਨਹੀਂ ਆਇਆ (ਜਾਂ ਸ਼ਹੀਦ ਹੋ ਗਿਆ)। (ਸਹੀ ਬੁਖ਼ਾਰੀ, ਹਦੀਸ: 969)

3 ਜਿਸਤ ਤੇ ਟਾਂਕ ਦੀ।[1]

وَالشَّفْعِ وَالْوَتْرِ ﴿3﴾

4. ਅਤੇ ਰਾਤ ਦੀ ਜਦੋਂ ਉਹ ਵਿਦਾ ਹੋ ਰਹੀ ਹੋਵੇ।

وَاللَّيْلِ إِذَا يَسْرِ ﴿4﴾

5. ਕੀ ਇਹਨਾਂ (ਚੀਜ਼ਾਂ) ਵਿਚ ਸੂਝਵਾਨਾਂ ਲਈ ਕੋਈ ਮਹੱਤਤਾ ਹੈ?

هَلْ فِي ذَٰلِكَ قَسَمٌ لِّذِي حِجْرٍ ﴿5﴾

6. ਕੀ ਤੁਸੀਂ ਨਹੀਂ ਵੇਖਿਆ ਕਿ ਤੁਹਾਡੇ ਰੱਬ ਨੇ 'ਆਦ' ਨਾਲ ਕੀ ਵਰਤਾਓ ਕੀਤਾ ਸੀ?

أَلَمْ تَرَ كَيْفَ فَعَلَ رَبُّكَ بِعَادٍ ﴿6﴾

7. ਉਹ 'ਆਦੇ ਇਰਮ' ਜਿਹੜੇ ਉੱਚੀਆਂ ਥੰਮਾਂ ਵਾਲੇ ਸਨ।

إِرَمَ ذَاتِ الْعِمَادِ ﴿7﴾

8. ਜਿਨ੍ਹਾਂ ਵਰਗੀ ਕੋਈ ਕੌਮ ਦੁਨੀਆਂ ਵਿਚ ਪੈਦਾ ਨਹੀਂ ਕੀਤੀ ਗਈ।

الَّتِي لَمْ يُخْلَقْ مِثْلُهَا فِي الْبِلَادِ ﴿8﴾

9 ਅਤੇ 'ਸਮੂਦ' ਨਾਲ ਵੀ ਜਿਹੜੇ ਘਾਟੀ ਵਿਚ ਚਟਾਨਾਂ ਤਰਾਸ਼ਦੇ ਸਨ।

وَثَمُودَ الَّذِينَ جَابُوا الصَّخْرَ بِالْوَادِ ﴿9﴾

10. ਅਤੇ ਕਿੱਲਾਂ ਵਾਲੇ ਫ਼ਿਰਔਨ ਨਾਲ (ਕੀ ਵਰਤਾਓ ਕੀਤਾ?)।

وَفِرْعَوْنَ ذِي الْأَوْتَادِ ﴿10﴾

11 ਇਹ ਉਹ ਲੋਕ ਸਨ ਜਿਨ੍ਹਾਂ ਨੇ ਸ਼ਹਿਰਾਂ (ਭਾਵ ਧਰਤੀ) ਵਿਚ ਸਰਕਸ਼ੀ ਕੀਤੀ।

الَّذِينَ طَغَوْا فِي الْبِلَادِ ﴿11﴾

12. ਅਤੇ ਉਹਨਾਂ ਵਿਚ ਬਹੁਤ ਵਿਗਾੜ ਪਾ ਛੱਡਿਆ ਸੀ।

فَأَكْثَرُوا فِيهَا الْفَسَادَ ﴿12﴾

13. ਫੇਰ ਤੁਹਾਡੇ ਰੱਬ ਨੇ ਉਹਨਾਂ ਉੱਤੇ ਅਜ਼ਾਬ ਦਾ ਕੋੜਾ ਵਰਸਾਇਆ।

فَصَبَّ عَلَيْهِمْ رَبُّكَ سَوْطَ عَذَابٍ ﴿13﴾

14. ਬੇਸ਼ੱਕ ਤੁਹਾਡਾ ਰੱਬ (ਅਪਰਾਧੀਆਂ) ਦੀ ਘਾਤ ਵਿਚ ਹੈ।

إِنَّ رَبَّكَ لَبِالْمِرْصَادِ ﴿14﴾

---

[1] ਵਿਦਵਾਨਾਂ ਅਨੁਸਾਰ ਜਿਸਤ ਤੇ ਟਾਂਕ ਦੀਆਂ ਵੱਖੋ-ਵੱਖ ਵਿਆਖਿਆ ਹੈ। 1. ਕੁੱਝ ਅਨੁਸਾਰ ਜਿਸਤ ਤੋਂ ਭਾਵ ਦਸ ਜ਼ਿਲ-ਹੱਜ ਭਾਵ ਕੁਰਬਾਨੀ ਦਾ ਦਿਨ ਵੱਲ ਇਸ਼ਾਰਾ ਹੈ ਤੇ ਟਾਂਕ ਨੌ ਜ਼ਿਲ-ਹੱਜ ਭਾਵ ਅਰਫ਼ੇ ਦਾ ਦਿਨ। 2. ਕੁੱਝ ਦੇ ਅਨੁਸਾਰ ਜਿਸਤ ਅੱਲਾਹ ਦੀਆਂ ਸਾਰੀਆਂ ਰਚਨਾਵਾਂ ਤੇ ਟਾਂਕ ਅੱਲਾਹ ਦੀ ਜ਼ਾਤ ਹੈ। 3 ਕੁੱਝ ਅਨੁਸਾਰ ਫ਼ਰਜ਼ ਨਮਾਜ਼ਾਂ ਨਾਲ ਸੰਬੰਧ ਵਿਖਾਇਆ ਗਿਆ ਹੈ, ਜਦ ਕਿ ਮਗ਼ਰਿਬ ਦੀ ਨਮਾਜ਼ 'ਵਿਤਰ' ਹੈ ਤੇ ਦੂਜੀਆਂ ਚਾਰ ਨਮਾਜ਼ਾਂ 'ਸ਼ਫ਼ਅ' ਭਾਵ ਜੋੜਾ ਹੈ। ਵੇਖੋ ਸੂਰਤ ਅਸ਼-ਸ਼ੁਅਰਾ, ਹਾਸ਼ੀਆ ਆਇਤ 149/26

15. ਪਰ ਮਨੁੱਖ ਦਾ ਹਾਲ ਇਹ ਹੈ ਕਿ ਜਦੋਂ ਉਸ ਦਾ ਰੱਬ ਉਸ ਨੂੰ ਪਰਖਣ ਲਈ ਉਸ ਨੂੰ ਇੱਜ਼ਤ ਅਤੇ ਨਿਆਮਤਾਂ ਦਿੰਦਾ ਹੈ ਤਾਂ ਉਹ ਆਖਦਾ ਹੈ ਕਿ ਮੇਰੇ ਰੱਬ ਨੇ ਮੈਨੂੰ ਆਦਰ-ਮਾਨ ਬਖ਼ਸ਼ਿਆ ਹੈ।

فَأَمَّا الْإِنسَانُ إِذَا مَا ابْتَلَاهُ رَبُّهُ فَأَكْرَمَهُ وَنَعَّمَهُ فَيَقُولُ رَبِّي أَكْرَمَنِ ﴿١٥﴾

16. ਪਰ ਜਦੋਂ ਉਹੀਓ (ਰੱਬ) ਉਸ ਦੀ ਰੋਜ਼ੀ ਤੰਗ ਕਰ ਦਿੰਦਾ ਹੈ ਤਾਂ ਆਖਦਾ ਹੈ ਕਿ ਮੇਰੇ ਰੱਬ ਨੇ ਮੈਨੂੰ ਅਪਮਾਨਿਤ ਕਰ ਛੱਡਿਆ ਹੈ।

وَأَمَّا إِذَا مَا ابْتَلَاهُ فَقَدَرَ عَلَيْهِ رِزْقَهُ فَيَقُولُ رَبِّي أَهَانَنِ ﴿١٦﴾

17. ਉੱਕਾ ਨਹੀਂ। ਅਸਲ ਵਿਚ ਤੁਸੀਂ ਯਤੀਮ ਦੀ ਇੱਜ਼ਤ ਨਹੀਂ ਸੀ ਕਰਦੇ।

كَلَّا بَل لَّا تُكْرِمُونَ الْيَتِيمَ ﴿١٧﴾

18. ਅਤੇ ਨਾ ਹੀ ਮੁਥਾਜ ਨੂੰ ਭੋਜਨ ਕਰਵਾਉਣ ਲਈ ਇਕ ਦੂਜੇ ਨੂੰ ਪ੍ਰੇਰਿਤ ਕਰਦੇ ਸੀ।

وَلَا تَحَاضُّونَ عَلَىٰ طَعَامِ الْمِسْكِينِ ﴿١٨﴾

19. ਅਤੇ ਤੁਸੀਂ ਵਿਰਾਸਤ ਦਾ ਸਾਰਾ ਮਾਲ ਹੂੰਝ ਕੇ ਖਾ ਜਾਂਦੇ ਹੋ।

وَتَأْكُلُونَ التُّرَاثَ أَكْلًا لَّمًّا ﴿١٩﴾

20. ਅਤੇ ਤੁਸੀਂ ਧਨ ਪਦਾਰਥਾਂ ਨਾਲ ਹੱਦੋਂ ਵੱਧ ਮੋਹ ਰੱਖਦੇ ਹੋ।

وَتُحِبُّونَ الْمَالَ حُبًّا جَمًّا ﴿٢٠﴾

21. (ਉਸ ਸਮੇਂ ਪਛਤਾਵੇ ਦਾ ਲਾਭ) ਉੱਕਾ ਨਹੀਂ ਹੋਵੇਗਾ ਜਦੋਂ ਧਰਤੀ ਨੂੰ ਕੁਟ ਕੁਟ ਕੇ ਪੱਧਰ ਕਰ ਦਿੱਤੀ ਜਾਵੇਗੀ।

كَلَّا إِذَا دُكَّتِ الْأَرْضُ دَكًّا دَكًّا ﴿٢١﴾

22. ਅਤੇ ਤੁਹਾਡਾ ਰੱਬ ਪ੍ਰਗਟ ਹੋਵੇਗਾ ਜਦੋਂ ਫ਼ਰਿਸ਼ਤੇ ਕਤਾਰਾਂ ਵਿਚ ਹਾਜ਼ਿਰ ਹੋਣਗੇ।

وَجَاءَ رَبُّكَ وَالْمَلَكُ صَفًّا صَفًّا ﴿٢٢﴾

23. ਉਸ ਦਿਨ ਨਰਕ (ਲੋਕਾਂ ਦੇ) ਸਾਹਮਣੇ ਲਿਆਂਦੀ ਜਾਵੇਗੀ ਅਤੇ ਉਸ ਦਿਨ ਮਨੁੱਖ ਆਪਣੀਆਂ ਕਰਤੂਤਾਂ ਨੂੰ ਯਾਦ ਕਰੇਗਾ, ਪਰ ਉਸ ਸਮੇਂ ਯਾਦ ਕਰਨ ਦਾ ਕੋਈ ਲਾਭ ਨਹੀਂ ਹੋਵੇਗਾ।

وَجِيءَ يَوْمَئِذٍ بِجَهَنَّمَ يَوْمَئِذٍ يَتَذَكَّرُ الْإِنسَانُ وَأَنَّىٰ لَهُ الذِّكْرَىٰ ﴿٢٣﴾

24. ਉਹ ਆਖੇਗਾ ਕਾਸ਼! ਮੈਂ ਆਪਣੇ ਇਸ ਜੀਵਨ ਲਈ ਕੁੱਝ ਅੱਗੇ ਭੇਜਿਆ ਹੁੰਦਾ।

يَقُولُ يَا لَيْتَنِي قَدَّمْتُ لِحَيَاتِي ﴿٢٤﴾

25. ਸੋ ਉਸ ਦਿਨ ਉਸ ਜਿਹਾ ਅਜ਼ਾਬ ਦੇਣ ਵਾਲਾ ਕੋਈ ਨਹੀਂ ਹੋਵੇਗਾ।

فَيَوْمَئِذٍ لَّا يُعَذِّبُ عَذَابَهُ أَحَدٌ (25)

26. ਅਤੇ ਨਾ ਹੀ ਉਸ ਜਿਹਾ ਕੋਈ ਬੰਨ੍ਹਣ ਵਾਲਾ ਹੋਵੇਗਾ।

وَلَا يُوثِقُ وَثَاقَهُ أَحَدٌ (26)

27. (ਪਰ ਨੇਕ ਲੋਕਾਂ ਨੂੰ ਫ਼ਰਿਸ਼ਤੇ ਆਖਣਗੇ) ਹੇ ਸ਼ਾਂਤ ਆਤਮਾ।

يَا أَيَّتُهَا النَّفْسُ الْمُطْمَئِنَّةُ (27)

28 ਤੂੰ ਆਪਣੇ ਰੱਬ ਵੱਲ ਇਸ ਹਾਲ ਵਿਚ ਮੁੜ ਕਿ ਤੂੰ ਉਸ ਤੋਂ ਰਾਜ਼ੀ ਅਤੇ ਉਹ ਤੈਥੋਂ ਰਾਜ਼ੀ ਹੈ।

ارْجِعِي إِلَىٰ رَبِّكِ رَاضِيَةً مَّرْضِيَّةً (28)

29 ਫੇਰ ਤੂੰ ਮੇਰੇ ਨੇਕ ਬੰਦਿਆਂ ਵਿਚ ਜਾ ਰਲ।

فَادْخُلِي فِي عِبَادِي (29)

30 ਅਤੇ ਮੇਰੀ ਜੰਨਤ ਵਿਚ ਦਾਖ਼ਲ ਹੋ ਜਾ।

وَادْخُلِي جَنَّتِي (30)

90. ਸੂਰਤ ਅਲ-ਬਲਦ (ਮੱਕੀ-35)

سُورَةُ الْبَلَدِ

(ਆਇਤਾਂ 20, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਨਹੀਂ ਮੈਂ ਸਹੁੰ ਖਾਂਦਾ ਹਾਂ ਇਸ ਸ਼ਹਿਰ (ਮੱਕੇ) ਦੀ।

لَا أُقْسِمُ بِهَٰذَا الْبَلَدِ (1)

2. (ਹੇ ਨਬੀ!) ਤੁਸੀਂ ਇਸ ਸ਼ਹਿਰ ਮੱਕੇ ਦੇ ਵਸਨੀਕ ਹੋ।

وَأَنتَ حِلٌّ بِهَٰذَا الْبَلَدِ (2)

3. (ਮਨੁੱਖਾਂ ਦੇ) ਪਿਓ (ਆਦਮ) ਅਤੇ ਉਸ ਦੀ ਸੰਤਾਨ ਦੀ ਸਹੁੰ।

وَوَالِدٍ وَمَا وَلَدَ (3)

4. ਬੇਸ਼ੱਕ ਅਸੀਂ ਮਨੁੱਖ ਨੂੰ ਔਖਿਆਈ ਵਿਚ (ਜੀਵਨ ਬਤੀਤ ਕਰਨ ਲਈ ਹੀ) ਪੈਦਾ ਕੀਤਾ ਹੈ।

لَقَدْ خَلَقْنَا الْإِنسَانَ فِي كَبَدٍ (4)

5 ਕੀ ਉਹ ਸਮਝਦਾ ਹੈ ਕਿ ਕੋਈ ਉਸ 'ਤੇ ਕਾਬੂ ਨਹੀਂ ਪਾ ਸਕਦਾ?

أَيَحْسَبُ أَن لَّن يَقْدِرَ عَلَيْهِ أَحَدٌ (5)

6. ਉਹ ਆਖਦਾ ਹੈ ਕਿ ਮੈਂ ਨੇ ਢੇਰਾਂ ਦੇ ਢੇਰ ਮਾਲ ਲੁਟਾ ਛੱਡਿਆ ਹੈ।

يَقُولُ أَهْلَكْتُ مَالًا لُّبَدًا (6)

7. ਕੀ ਉਹ ਸਮਝਦਾ ਹੈ ਕਿ ਉਸ ਨੂੰ ਕਿਸੇ ਨੇ ਨਹੀਂ ਵੇਖਿਆ।

أَيَحْسَبُ أَن لَّمْ يَرَهُ أَحَدٌ ﴿٧﴾

8. ਕੀ ਅਸੀਂ ਉਸ ਨੂੰ ਦੋ ਅੱਖਾਂ ਨਹੀਂ ਦਿੱਤੀਆਂ?

أَلَمْ نَجْعَل لَّهُ عَيْنَيْنِ ﴿٨﴾

9. ਅਤੇ ਇਕ ਜੀਭ ਤੇ ਦੋ ਬੁੱਲ੍ਹ ਨਹੀਂ ਦਿੱਤੇ?

وَلِسَانًا وَشَفَتَيْنِ ﴿٩﴾

10. ਕੀ ਉਸ ਨੂੰ ਦੋਵੇਂ ਰਸਤੇ (ਨੇਕੀ ਤੇ ਬੁਰਾਈ ਦੇ) ਨਹੀਂ ਦਰਸਾਏ?

وَهَدَيْنَاهُ النَّجْدَيْنِ ﴿١٠﴾

11. ਪਰ ਉਹ (ਨੇਕੀ ਦੀ) ਘਾਟੀ ਵਿੱਚੋਂ ਦੀ ਹੋ ਕੇ ਨਹੀਂ ਲੰਘਿਆ।

فَلَا اقْتَحَمَ الْعَقَبَةَ ﴿١١﴾

12. ਤੁਸੀਂ ਕੀ ਜਾਣੋਂ ਕਿ ਉਹ ਔਖੀ ਘਾਟੀ ਕੀ ਹੈ?

وَمَا أَدْرَاكَ مَا الْعَقَبَةُ ﴿١٢﴾

13. ਉਹ ਹੈ ਕਿ ਕਿਸੇ ਮਨੁੱਖ ਨੂੰ ਗ਼ੁਲਾਮੀ ਤੋਂ ਆਜ਼ਾਦ ਕਰਵਾਉਣਾ।[1]

فَكُّ رَقَبَةٍ ﴿١٣﴾

14. ਜਾਂ ਭੁੱਖ ਵਾਲੇ ਦਿਨ ਭੋਜਨ ਕਰਵਾਉਣਾ।

أَوْ إِطْعَامٌ فِي يَوْمٍ ذِي مَسْغَبَةٍ ﴿١٤﴾

15. ਕਿਸੇ ਰਿਸ਼ਤੇਦਾਰ ਯਤੀਮ ਨੂੰ।

يَتِيمًا ذَا مَقْرَبَةٍ ﴿١٥﴾

16. ਜਾਂ ਕਿਸੇ ਮਿੱਟੀ 'ਚ ਰੁਲਦੇ ਮੁਥਾਜ ਨੂੰ (ਭੋਜਨ ਕਰਵਾਉਣਾ)।

أَوْ مِسْكِينًا ذَا مَتْرَبَةٍ ﴿١٦﴾

17. (ਇਹ ਭਲੇ ਕੰਮ ਕਰਨ ਵਾਲਾ) ਉਹਨਾਂ ਲੋਕਾਂ ਨਾਲ ਰਲਿਆ ਹੋਵੇਗਾ, ਜਿਹੜੇ ਈਮਾਨ ਲਿਆਏ ਅਤੇ ਜਿਨ੍ਹਾਂ ਇਕ ਦੂਜੇ ਨੂੰ ਸਬਰ ਕਰਨ ਦੀ ਅਤੇ ਇਕ ਦੂਜੇ 'ਤੇ ਦਿਆ ਕਰਨ ਲਈ ਪ੍ਰੇਰਣਾ ਦਿੱਤੀ।

ثُمَّ كَانَ مِنَ الَّذِينَ آمَنُوا وَتَوَاصَوْا بِالصَّبْرِ وَتَوَاصَوْا بِالْمَرْحَمَةِ ﴿١٧﴾

18. ਇਹ ਲੋਕ ਸੱਜੇ ਹੱਥ (ਪਾਸੇ) ਵਾਲੇ ਹਨ।

أُولَٰئِكَ أَصْحَابُ الْمَيْمَنَةِ ﴿١٨﴾

---

[1] ਹਦੀਸਾਂ ਵਿਚ ਗ਼ੁਲਾਮ ਨੂੰ ਆਜ਼ਾਦ ਕਰਨ ਦੀ ਬਹੁਤ ਮਹੱਤਤਾ ਦੱਸੀ ਗਈ ਹੈ ਜੋ ਰਸੂਲ (ਸ:) ਨੇ ਫ਼ਰਮਾਇਆ ਜਿਹੜਾ ਵਿਅਕਤੀ ਕਿਸੇ ਮੁਸਲਮਾਨ ਗ਼ੁਲਾਮ ਨੂੰ ਆਜ਼ਾਦ ਕਰੇ ਅੱਲਾਹ ਉਸ ਦੇ ਹਰ ਅੰਗ ਨੂੰ ਗ਼ੁਲਾਮ ਦੇ ਅੰਗ ਦੇ ਬਦਲੇ ਨਰਕ ਦੀ ਅੱਗ ਤੋਂ ਬਚਾਏਗਾ। (ਸਹੀ ਬੁਖ਼ਾਰੀ, ਹਦੀਸ: 2517)

19 ਜਿਨ੍ਹਾਂ ਨੇ ਸਾਡੀਆਂ ਆਇਤਾਂ (ਆਦੇਸ਼ਾਂ) ਦਾ ਇਨਕਾਰ ਕੀਤਾ ਉਹ ਖੱਬੇ ਹੱਥ ਵਾਲੇ ਹਨ।

وَالَّذِينَ كَفَرُوا بِآيَاتِنَا هُمْ أَصْحَابُ الْمَشْأَمَةِ ﴿١٩﴾

20. ਉਹਨਾਂ ਉੱਤੇ ਅੱਗ ਛਾਈ ਹੋਈ ਹੋਵੇਗੀ।[1]

عَلَيْهِمْ نَارٌ مُؤْصَدَةٌ ﴿20﴾

91. ਸੂਰਤ ਅਸ਼-ਸ਼ਮਸ (ਮੱਕੀ-26)

سُورَةُ الشَّمْسِ

(ਆਇਤਾਂ 15, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਸੂਰਜ ਅਤੇ ਉਸ ਦੀ ਧੁੱਪ ਚੜ੍ਹਣ ਦੀ ਸਹੁੰ।

وَالشَّمْسِ وَضُحَاهَا ﴿1﴾

2. ਅਤੇ ਚੰਨ ਦੀ ਜਦੋਂ ਉਹ ਉਸ (ਸੂਰਜ) ਦੇ ਪਿੱਛੋਂ ਆਉਂਦਾ ਹੈ।

وَالْقَمَرِ إِذَا تَلَاهَا ﴿2﴾

3. ਅਤੇ ਦਿਨ ਦੀ ਜਦੋਂ ਉਹ ਸੂਰਜ ਨੂੰ ਸਪਸ਼ਟ ਕਰਦਾ ਹੈ।

وَالنَّهَارِ إِذَا جَلَّاهَا ﴿3﴾

4 ਅਤੇ ਰਾਤ ਦੀ ਜਦੋਂ ਉਹ ਉਸ ਨੂੰ ਢੱਕ ਲੈਂਦੀ ਹੈ।

وَاللَّيْلِ إِذَا يَغْشَاهَا ﴿4﴾

5 ਅਤੇ ਅਕਾਸ਼ ਦੀ ਅਤੇ ਉਸ ਦੀ, ਜਿਸਨੇ ਉਸ ਨੂੰ ਬਣਾਇਆ।

وَالسَّمَاءِ وَمَا بَنَاهَا ﴿5﴾

6 ਅਤੇ ਧਰਤੀ ਦੀ ਅਤੇ ਉਸ ਦੀ, ਜਿਸ ਨੇ ਉਸ ਨੂੰ ਵਿਛਾਇਆ।

وَالْأَرْضِ وَمَا طَحَاهَا ﴿6﴾

---

[1] ਵੇਖੋ ਸੂਰਤ ਅੰਬੀਆ, ਹਾਸ਼ੀਆ ਆਇਤ 100/21

وَنَفْسٍ وَّمَا سَوّٰىهَا ۝٧

7. ਅਤੇ (ਮਨੁੱਖੀ) ਜਾਨ ਦੀ ਅਤੇ ਉਸ ਦੀ, ਜਿਸ ਨੇ ਉਸ ਨੂੰ ਠੀਕ ਬਣਾਇਆ।

فَاَلْهَمَهَا فُجُوْرَهَا وَتَقْوٰىهَا ۝٨

8. ਫੇਰ ਉਸ ਦੀ, ਜਿਸ ਨੇ ਉਸ ਦੀ ਬੁਰਾਈ ਅਤੇ ਨੇਕੀ ਉਸ ਨੂੰ ਸਮਝਾਈ।

قَدْ اَفْلَحَ مَنْ زَكّٰىهَا ۝٩

9. ਬੇਸ਼ੱਕ ਸਫ਼ਲਤਾ ਉਸੇ ਨੇ ਹੀ ਪ੍ਰਾਪਤ ਕੀਤਾ ਜਿਸ ਨੇ ਆਪਣੇ ਮਨ ਨੂੰ ਪਵਿੱਤਰ ਰੱਖਿਆ।

وَقَدْ خَابَ مَنْ دَسّٰىهَا ۝١٠

10. ਅਤੇ ਬੇਸ਼ੱਕ ਉਹ ਨਾ-ਮੁਰਾਦ ਹੋਇਆ ਜਿਸ ਨੇ ਉਸ ਨੂੰ ਅਪਵਿੱਤਰ ਕੀਤਾ।

كَذَّبَتْ ثَمُوْدُ بِطَغْوٰىهَا ۝١١

11. ਸਮੂਦ ਦੀ ਕੌਮ ਨੇ ਆਪਣੀ ਸਰਕਸ਼ੀ ਕਾਰਨ (ਨਬੀ ਨੂੰ) ਝੁਠਲਾਇਆ।

اِذِ انْۢبَعَثَ اَشْقٰىهَا ۝١٢

12. ਜਦੋਂ ਉਸੇ ਕੌਮ ਦਾ ਸਭ ਤੋਂ ਵੱਡਾ ਅਭਾਗਾ ਵਿਅਕਤੀ (ਊਂਠਣੀ ਨੂੰ ਵੱਢਣ ਲਈ) ਉੱਠਿਆ।

فَقَالَ لَهُمْ رَسُوْلُ اللّٰهِ نَاقَةَ اللّٰهِ وَسُقْيٰهَا ۝١٣

13. ਤਾਂ ਉਹਨਾਂ ਨੂੰ ਅੱਲਾਹ ਦੇ ਰਸੂਲ (ਸਾਲੇਹ) ਨੇ ਆਖਿਆ ਕਿ ਅੱਲਾਹ ਦੀ ਊਠਣੀ ਦੀ ਅਤੇ ਉਸ ਦੇ ਪਾਣੀ ਪੀਣ ਦੀ ਰਾਖੀ ਕਰੋ (ਭਾਵ ਵਿਘਨ ਨਾ ਪਾਓ)।

فَكَذَّبُوْهُ فَعَقَرُوْهَا فَدَمْدَمَ عَلَيْهِمْ رَبُّهُمْ بِذَنْۢبِهِمْ فَسَوّٰىهَا ۝١٤

14. ਪਰ ਉਹਨਾਂ ਨੇ ਉਸ (ਨਬੀ ਦੀ ਗੱਲ) ਨੂੰ ਝੁਠਲਾਇਆ ਅਤੇ ਊਠਣੀ ਨੂੰ ਮਾਰ ਸੁੱਟਿਆ ਤਾਂ ਉਹਨਾਂ ਦੇ ਰੱਬ ਨੇ ਉਹਨਾਂ ਦੇ ਪਾਪਾਂ ਕਾਰਨ ਉਹਨਾਂ 'ਤੇ ਅਜ਼ਾਬ ਭੇਜ ਕੇ ਉਹਨਾਂ ਸਭ ਦਾ ਸਫ਼ਾਇਆ ਕਰ ਦਿੱਤਾ।

وَلَا يَخَافُ عُقْبٰهَا ۝١٥

15. ਅਤੇ ਉਹ ਇਸ (ਤਬਾਹੀ) ਦੇ ਅੰਜਾਮ ਤੋਂ ਨਹੀਂ ਡਰਦਾ।

92. ਸੂਰਤ ਅਲ-ਲੈਲ (ਮੱਕੀ-9)

سُوْرَةُ الَّيْلِ

(ਆਇਤਾਂ 21, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ

بِسْمِ اللّٰهِ الرَّحْمٰنِ الرَّحِيْمِ

1. ਰਾਤ ਦੀ ਸਹੁੰ ਜਦੋਂ ਉਹ ਛਾ ਜਾਵੇ।

وَالَّيْلِ اِذَا يَغْشٰى ﴿١﴾

2. ਅਤੇ ਦਿਨ ਦੀ ਜਦੋਂ ਉਹ ਚਮਕੇ।

وَالنَّهَارِ اِذَا تَجَلّٰى ﴿٢﴾

3. ਅਤੇ ਉਸ ਹਸਤੀ (ਅੱਲਾਹ) ਦੀ ਸਹੁੰ ਜਿਸ ਨੇ ਨਰ ਤੇ ਮਦੀਨ ਨੂੰ ਪੈਦਾ ਕੀਤਾ।

وَمَا خَلَقَ الذَّكَرَ وَالْاُنْثٰى ﴿٣﴾

4. ਹਕੀਕਤ ਇਹ ਹੈ ਕਿ ਤੁਹਾਡੀਆਂ (ਸਭਨਾਂ ਦੀਆਂ) ਕੋਸ਼ਿਸ਼ਾਂ ਵੱਖੋ-ਵੱਖ ਹਨ।

اِنَّ سَعْيَكُمْ لَشَتّٰى ﴿٤﴾

5. ਸੋ ਜਿਸ ਕਿਸੇ ਨੇ (ਅੱਲਾਹ ਦੀ ਰਾਹ ਵਿਚ ਦਾਨ) ਦਿੱਤਾ ਅਤੇ (ਰੱਬ ਤੋਂ) ਡਰਦਾ ਰਿਹਾ।

فَاَمَّا مَنْ اَعْطٰى وَاتَّقٰى ﴿٥﴾

6. ਅਤੇ ਉਸ ਨੇ ਸੱਚੀ ਗੱਲ (ਕਲਮਾ ਏ-ਤੌਹੀਦ) ਦੀ ਪੁਸ਼ਟੀ ਵੀ ਕੀਤੀ।

وَصَدَّقَ بِالْحُسْنٰى ﴿٦﴾

7. ਤਾਂ ਅਸੀਂ ਜ਼ਰੂਰ ਹੀ ਉਸ ਨੂੰ ਸੌਖੇ ਰਾਹ (ਜੰਨਤ) ਵਲ ਜਾਣ ਦੀਆਂ ਸਹੂਲਤਾਂ ਦਿਆਂਗੇ।

فَسَنُيَسِّرُهٗ لِلْيُسْرٰى ﴿٧﴾

8. ਪਰ ਜਿਸ ਨੇ ਕੰਜੂਸੀ ਕੀਤੀ ਅਤੇ (ਰੱਬ ਦੀ) ਪਰਵਾਹ ਨਹੀਂ ਕੀਤੀ।

وَاَمَّا مَنْ بَخِلَ وَاسْتَغْنٰى ﴿٨﴾

9. ਅਤੇ ਉਸ ਨੇ ਸੱਚਾਈ ਨੂੰ ਝੁਠਲਾਇਆ।

وَكَذَّبَ بِالْحُسْنٰى ﴿٩﴾

10. ਤਾਂ ਅਸੀਂ ਉਸ ਨੂੰ ਕਠਿਨ ਰਾਹ (ਨਰਕ ਵਲ) ਜਾਣ ਵਾਲੀਆਂ ਸਹੂਲਤਾਂ ਦਿਆਂਗੇ।

فَسَنُيَسِّرُهٗ لِلْعُسْرٰى ﴿١٠﴾

11. ਅਤੇ ਜਦੋਂ ਉਹ (ਕੰਜੂਸ ਵਿਅਕਤੀ ਨਰਕ ਵਿਚ) ਸੁੱਟਿਆ ਜਾਵੇਗਾ ਤਾਂ ਉਸ ਦਾ ਧੰਨ ਉਸ ਨੂੰ ਕੁੱਝ ਵੀ ਲਾਭ ਨਹੀਂ ਦੇਵੇਗਾ।

وَمَا يُغْنِي عَنْهُ مَالُهُۥٓ إِذَا تَرَدَّىٰٓ (11)

12. ਬੇਸ਼ੱਕ ਹਿਦਾਇਤ ਦੇਣਾ ਸਾਡੇ ਹੀ ਜ਼ਿੰਮੇ ਹੈ।

إِنَّ عَلَيْنَا لَلْهُدَىٰ (12)

13. ਬੇਸ਼ੱਕ ਲੋਕ-ਪਰਲੋਕ ਸਾਡੇ ਹੀ ਕਬਜ਼ੇ ਵਿਚ ਹੈ।

وَإِنَّ لَنَا لَلْـَٔاخِرَةَ وَٱلْأُولَىٰ (13)

14. ਸੋ ਮੈਂਨੇ ਤੁਹਾਨੂੰ (ਨਰਕ ਦੀ) ਭੜਕਦੀ ਹੋਈ ਅੱਗ ਤੋਂ ਡਰਾ ਦਿੱਤਾ ਹੈ।

فَأَنذَرْتُكُمْ نَارًا تَلَظَّىٰ (14)

15. ਇਸ ਨਰਕ ਵਿਚ ਉਹ ਬੇ-ਭਾਗ ਜਾਵੇਗਾ।

لَا يَصْلَىٰهَآ إِلَّا ٱلْأَشْقَى (15)

16. ਜਿਸ ਨੇ (ਸੱਚਾਈ ਨੂੰ) ਝੁਠਲਾਇਆ ਅਤੇ ਮੂੰਹ ਫੇਰਿਆ।

ٱلَّذِى كَذَّبَ وَتَوَلَّىٰ (16)

17. ਅਤੇ ਮੁੱਤਕੀ (ਰੱਬ ਤੋਂ ਡਰਣ ਵਾਲਿਆਂ ਨੂੰ) ਇਸ (ਨਰਕ) ਤੋਂ ਅਵੱਸ਼ ਹੀ ਦੂਰ ਰੱਖਿਆ ਜਾਵੇਗਾ।

وَسَيُجَنَّبُهَا ٱلْأَتْقَى (17)

18. ਜਿਹੜਾ ਪਾਕ ਹੋਣ ਲਈ ਆਪਣਾ ਮਾਲ (ਰੱਬ ਦੀ ਰਾਹ ਵਿਚ) ਦਿੰਦਾ ਹੈ।

ٱلَّذِى يُؤْتِى مَالَهُۥ يَتَزَكَّىٰ (18)

19. ਅਤੇ ਇਸ ਉੱਤੇ ਕਿਸੇ ਦਾ ਕੋਈ ਅਹਿਸਾਨ ਵੀ ਨਹੀਂ, ਜਿਸ ਦਾ ਬਦਲਾ ਉਸ ਨੇ ਦੇਣਾ ਹੈ।

وَمَا لِأَحَدٍ عِندَهُۥ مِن نِّعْمَةٍ تُجْزَىٰٓ (19)

20 ਹਾਂ ਜਿਹੜਾ ਕੇਵਲ ਆਪਣੇ ਰੱਬੇ ਬਰਤਰ ਦਾ ਚਿਹਰਾ ਵੇਖਣਾ ਚਾਹੁੰਦਾ ਹੈ (ਉਹੀਓ ਉਸ ਦੀ ਰਾਹ ਵਿਚ ਮਾਲ ਖ਼ਰਚ ਕਰਦਾ ਹੈ)।

إِلَّا ٱبْتِغَآءَ وَجْهِ رَبِّهِ ٱلْأَعْلَىٰ (20)

21. ਬੇਸ਼ੱਕ ਉਹ (ਅੱਲਾਹ) ਛੇਤੀ ਹੀ ਉਸ ਤੋਂ ਰਾਜ਼ੀ ਹੋ ਜਾਵੇਗਾ।

وَلَسَوْفَ يَرْضَىٰ (21)

93. ਸੂਰਤ ਅਜ਼-ਜ਼ੁਹਾ (ਮੱਕੀ-11)

(ਆਇਤਾਂ 11, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ.

1. ਦਿਨ ਚੜ੍ਹੇ ਹੋਏ ਦੀ ਸਹੁੰ।

2. ਅਤੇ ਰਾਤ ਦੀ ਜਦੋਂ ਉਹ ਛਾ ਜਾਵੇ।

3 (ਹੇ ਨਬੀ ਸ.!) ਤੁਹਾਡੇ ਰੱਬ ਨੇ ਨਾ ਤਾਂ ਤੁਹਾਨੂੰ (ਇਕੱਲਾ) ਛੱਡਿਆ ਹੈ ਅਤੇ ਨਾ ਹੀ ਉਹ ਤੁਹਾਥੋਂ ਨਾਰਾਜ਼ ਹੈ।

4. ਬੇਸ਼ੱਕ ਤੁਹਾਡੇ ਲਈ ਆਖ਼ਿਰਤ, ਦੁਨੀਆਂ ਤੋਂ ਕਿਤੇ ਵਧੀਆ ਹੈ।

5 ਅਤੇ ਛੇਤੀ ਹੀ ਤੁਹਾਡਾ ਰੱਬ ਤੁਹਾਨੂੰ ਇਨਾ (ਇਨਾਮ) ਦੇਵੇਗਾ ਕਿ ਤੁਸੀਂ ਖ਼ੁਸ਼ ਹੋ ਜਾਓਗੇ।

6. ਕੀ ਉਸ (ਅੱਲਾਹ) ਨੇ ਤੁਹਾਨੂੰ ਯਤੀਮ ਹੁੰਦੇ ਹੋਏ ਵਧੀਆ ਟਿਕਾਣਾ ਨਹੀਂ ਦਿੱਤਾ।

7. ਅਤੇ ਤੁਹਾਨੂੰ ਅਣਜਾਣੀ ਰਾਹ ਤੋਂ ਸਿੱਧੀ ਰਾਹ ਨਹੀਂ ਬਖ਼ਸ਼ੀ।

8 ਅਤੇ ਤੁਹਾਨੂੰ ਗ਼ਰੀਬੀ ਤੋਂ ਧਨਵਾਨ ਨਹੀਂ ਬਣਾਇਆ?

9 ਸੋ ਤੁਸੀਂ (ਕਿਸੇ ਵੀ) ਯਤੀਮ ਉੱਤੇ ਸਖ਼ਤੀ ਨਾ ਕਰੋ।

10. ਅਤੇ ਨਾ ਹੀ ਸਵਾਲੀ ਨੂੰ ਝਿੜਕੋ ਹੈ।

11 ਸਗੋਂ ਆਪਣੇ ਰੱਬ ਵੱਲੋਂ (ਬਖ਼ਸ਼ੀਆਂ ਗਈਆਂ) ਇਹਨਾਂ ਨਿਆਮਤਾਂ ਦੀ ਚਰਚਾ ਕਰਦੇ ਰਹੋ।

سُوْرَةُ الضُّحٰى

بِسْمِ اللّٰهِ الرَّحْمٰنِ الرَّحِيْمِ

وَالضُّحٰى 1

وَالَّيْلِ اِذَا سَجٰى 2

مَا وَدَّعَكَ رَبُّكَ وَمَا قَلٰى 3

وَلَلْاٰخِرَةُ خَيْرٌ لَّكَ مِنَ الْاُوْلٰى 4

وَلَسَوْفَ يُعْطِيْكَ رَبُّكَ فَتَرْضٰى 5

اَلَمْ يَجِدْكَ يَتِيْمًا فَاٰوٰى 6

وَوَجَدَكَ ضَآلًّا فَهَدٰى 7

وَوَجَدَكَ عَآئِلًا فَاَغْنٰى 8

فَاَمَّا الْيَتِيْمَ فَلَا تَقْهَرْ 9

وَاَمَّا السَّآئِلَ فَلَا تَنْهَرْ 10

وَاَمَّا بِنِعْمَةِ رَبِّكَ فَحَدِّثْ 11

94. ਸੂਰਤ ਅਲ-ਨਸ਼ਰਹ (ਮੱਕੀ-12)

سُوْرَةُ اَلَمْ نَشْرَحْ

(ਆਇਤਾਂ 8, ਰੁਕੂਅ 1)

بِسْمِ اللّٰهِ الرَّحْمٰنِ الرَّحِيْمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

اَلَمْ نَشْرَحْ لَكَ صَدْرَكَ ﴿1﴾

1. (ਹੇ ਨਬੀ ਸ:) ਕੀ ਅਸੀਂ ਤੁਹਾਡਾ ਸੀਨਾ (ਹੱਕ ਦੀ ਰੌਸ਼ਨੀ) ਲਈ ਨਹੀਂ ਖੋਲ੍ਹਿਆ।

وَوَضَعْنَا عَنْكَ وِزْرَكَ ﴿2﴾

2 ਅਤੇ ਸਾਨੇ ਤੁਹਾਡੇ ਉੱਤੋਂ ਤੁਹਾਡਾ ਬੋਝ ਉਤਾਰ ਦਿੱਤਾ।

الَّذِيْٓ اَنْقَضَ ظَهْرَكَ ﴿3﴾

3 ਜਿਸ (ਬੋਝ) ਨੇ ਤੁਹਾਡੀ ਧੌਣ ਤੋੜ ਸੁੱਟੀ ਸੀ।

وَرَفَعْنَا لَكَ ذِكْرَكَ ﴿4﴾

4. ਅਤੇ ਅਸੀਂ ਤੁਹਾਡੇ ਲਈ ਤੁਹਾਡੇ ਜ਼ਿਕਰ (ਚਰਚਾ) ਨੂੰ ਉੱਚਾ ਕਰ ਦਿੱਤਾ।

فَاِنَّ مَعَ الْعُسْرِ يُسْرًا ﴿5﴾

5. ਬੇਸ਼ੱਕ ਹਰੇਕ ਔਖਿਆਈ ਤੋਂ ਮਗਰੋਂ ਸੌਖਿਆਈ ਹੈ।

اِنَّ مَعَ الْعُسْرِ يُسْرًا ﴿6﴾

6. ਬੇਸ਼ੱਕ ਹਰੇਕ ਤੰਗੀ ਦੇ ਨਾਲ ਆਸਾਨੀ ਜੁੜੀ ਹੁੰਦੀ ਹੈ।

فَاِذَا فَرَغْتَ فَانْصَبْ ﴿7﴾

7 ਸੋ ਜਦੋਂ ਵੀ ਤੁਸੀਂ (ਤਬਲੀਗ ਤੋਂ) ਵਿਹਲੇ ਹੋਵੋ ਤਾਂ (ਇਬਾਦਤ ਵਿਚ) ਮਿਹਨਤ ਕਰੋ।

وَاِلٰى رَبِّكَ فَارْغَبْ ﴿8﴾

8 ਅਤੇ ਆਪਣੇ ਰੱਬ ਨਾਲ ਹੀ ਮੋਹ ਰੱਖੋ।

95. ਸੂਰਤ ਅਤ-ਤੀਨ (ਮੱਕੀ-28)

سُوْرَةُ التِّيْنِ

(ਆਇਤਾਂ 8, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. ਸਹੁੰ ਹੈ ਅੰਜੀਰ ਅਤੇ ਜ਼ੈਤੂਨ ਦੀ।

وَ التِّيْنِ وَالزَّيْتُوْنِ ①

2. ਅਤੇ ਤੂਰ ਪਹਾੜ ਦੀ।

وَطُوْرِ سِيْنِيْنَ ②

3. ਅਤੇ ਇਸ ਅਮਨ ਵਾਲੇ ਸ਼ਹਿਰ (ਮੱਕੇ) ਦੀ।

وَهٰذَا الْبَلَدِ الْاَمِيْنِ ③

4. ਬੇਸ਼ੱਕ ਅਸੀਂ ਮਨੁੱਖ ਨੂੰ ਸਭ ਤੋਂ ਵੱਧ ਸੋਹਣੇ ਰੂਪ ਵਿਚ ਪੈਦਾ ਕੀਤਾ।

لَقَدْ خَلَقْنَا الْاِنْسَانَ فِيْٓ اَحْسَنِ تَقْوِيْمٍ ④

5. (ਉਸ ਦੀਆਂ ਕੁਰਤੂਤਾਂ ਕਾਰਨ) ਫੇਰ ਅਸੀਂ ਇਸ (ਮਨੁੱਖ ਨੂੰ ਨਰਕ ਦੀ) ਘਟੀਆ ਤੋਂ ਘਟੀਆ (ਸਭ ਤੋਂ ਹੇਠਲੀ) ਥਾਂ ਵਿਚ ਸੁੱਟ ਦਿੱਤਾ।

ثُمَّ رَدَدْنٰهُ اَسْفَلَ سٰفِلِيْنَ ⑤

6. ਪਰ ਜਿਹੜੇ ਲੋਕੀ (ਰੱਬ ਅਤੇ ਮੁਹੰਮਦ (ਸ:) ਦੀਆਂ ਗੱਲਾਂ 'ਤੇ) ਈਮਾਨ ਲਿਆਏ ਅਤੇ ਉਹਨਾਂ ਨੇ (ਕੁਰਆਨ ਅਨੁਸਾਰ) ਚੰਗੇ ਕੰਮ ਵੀ ਕੀਤੇ। ਉਹਨਾਂ ਲਈ ਹੱਦੋਂ ਵੱਧ (ਚੰਗਾ) ਬਦਲਾ ਹੈ।

اِلَّا الَّذِيْنَ اٰمَنُوْا وَعَمِلُوا الصّٰلِحٰتِ فَلَهُمْ اَجْرٌ غَيْرُ مَمْنُوْنٍ ⑥

7. (ਹੇ ਮਨੁੱਖ!) ਇਸ (ਕੁਰਆਨ) ਤੋਂ ਬਾਅਦ ਵੀ ਤੈਨੂੰ ਕਿਹੜੀ ਚੀਜ਼ ਨੇ ਬਦਲੇ ਵਾਲੇ ਦਿਨ ਨੂੰ ਝੁਠਲਾਉਣ ਲਈ ਪ੍ਰੇਰਿਤ ਕੀਤਾ ਹੈ।

فَمَا يُكَذِّبُكَ بَعْدُ بِالدِّيْنِ ⑦

8. ਭਲਾ ਕੀ ਅੱਲਾਹ ਸਾਰੇ ਹਾਕਮਾਂ ਤੋਂ ਵੱਡਾ ਹਾਕਮ ਨਹੀਂ ਹੈ?

اَلَيْسَ اللّٰهُ بِاَحْكَمِ الْحٰكِمِيْنَ ⑧

96. ਸੂਰਤ ਅਲ-ਅਲਕ (ਮੱਕੀ-1)

(ਆਇਤਾਂ 19, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

1. (ਹੇ ਮੁਹੰਮਦ ਸ:!) ਪੜ੍ਹੋ ਆਪਣੇ (ਉਸ) ਰੱਬ ਦਾ ਨਾਂ ਲੈਕੇ ਜਿਸ ਨੇ (ਸਭ ਨੂੰ) ਪੈਦਾ ਕੀਤਾ ਹੈ।

2. ਉਸ ਨੇ ਮਨੁੱਖ ਨੂੰ ਜੰਮੇ ਹੋਏ ਖ਼ੂਨ (ਦੇ ਇਕ ਲੋਥੜੇ) ਤੋਂ ਪੈਦਾ ਕੀਤਾ।

3. ਪੜ੍ਹੋ ਤੁਹਾਡਾ ਰੱਬ ਅਤਿਅੰਤ ਕਰੀਮ (ਉਦਾਰ) ਹੈ।

4. ਉਹ ਹਸਤੀ ਜਿਸ ਨੇ ਕਲਮ ਰਾਹੀਂ ਗਿਆਨ ਸਿਖਾਇਆ।

5. ਉਸ ਨੇ ਮਨੁੱਖ ਨੂੰ ਉਹ ਗਿਆਨ ਦਿੱਤਾ ਜੋ ਉਹ ਜਾਣਦਾ ਨਹੀਂ ਸੀ।

6. ਸੱਚਾਈ ਇਹ ਹੈ ਕਿ ਮਨੁੱਖ ਹੱਦੋਂ ਟਪ ਜਾਂਦਾ ਹੈ।

7. ਕੀ ਉਹ ਆਪਣੇ ਆਪ ਨੂੰ (ਰੱਬ ਕੋਲ ਜਾਣ ਤੋਂ) ਬੇਪਰਵਾਹ ਸਮਝਦਾ ਹੈ?

8. ਬੇਸ਼ੱਕ ਸਭ ਨੇ ਤੁਹਾਡੇ ਰੱਬ ਵੱਲ ਹੀ ਮੁੜ ਜਾਣਾ ਹੈ।

9. ਕੀ ਤੁਸੀਂ ਉਸ ਨੂੰ ਵੇਖਿਆ ਹੈ ਜਿਹੜਾ ਰੋਕਦਾ ਹੈ?

10. ਇਕ ਬੰਦੇ ਨੂੰ ਜਦੋਂ ਉਹ ਨਮਾਜ਼ ਪੜ੍ਹਦਾ ਹੈ?

11. (ਤੁਹਾਡਾ ਕੀ ਵਿਚਾਰ ਹੈ ਕਿ) ਜੇ ਭਲਾਂ ਉਹ (ਬੰਦਾ) ਸਿੱਧੀ ਰਾਹ 'ਤੇ ਹੋਵੇ?

12. ਜਾਂ ਡਰ ਭਾਓ ਮੰਨਣ ਦੀ ਪ੍ਰੇਰਨਾ ਦਿੰਦਾ ਹੋਵੇ?

سُوْرَةُ الْعَلَقِ

بِسْمِ اللّٰهِ الرَّحْمٰنِ الرَّحِيْمِ

اِقْرَاْ بِاسْمِ رَبِّكَ الَّذِيْ خَلَقَ ﴿١﴾

خَلَقَ الْاِنْسَانَ مِنْ عَلَقٍ ﴿٢﴾

اِقْرَاْ وَرَبُّكَ الْاَكْرَمُ ﴿٣﴾

الَّذِيْ عَلَّمَ بِالْقَلَمِ ﴿٤﴾

عَلَّمَ الْاِنْسَانَ مَا لَمْ يَعْلَمْ ﴿٥﴾

كَلَّآ اِنَّ الْاِنْسَانَ لَيَطْغٰىٓ ﴿٦﴾

اَنْ رَّاٰهُ اسْتَغْنٰى ﴿٧﴾

اِنَّ اِلٰى رَبِّكَ الرُّجْعٰى ﴿٨﴾

اَرَءَيْتَ الَّذِيْ يَنْهٰى ﴿٩﴾

عَبْدًا اِذَا صَلّٰى ﴿١٠﴾

اَرَءَيْتَ اِنْ كَانَ عَلَى الْهُدٰىٓ ﴿١١﴾

اَوْ اَمَرَ بِالتَّقْوٰى ﴿١٢﴾

أَرَأَيْتَ إِن كَذَّبَ وَتَوَلَّىٰ ﴿13﴾

13. ਭਲਾਂ ਜੇਕਰ ਉਹ (ਹੱਕ ਨੂੰ) ਝੁਠਲਾਉਂਦਾ ਹੋਵੇ ਅਤੇ ਉਸ ਤੋਂ ਮੂੰਹ ਮੋੜਦਾ ਹੋਵੇ (ਫੇਰ ਕੀ ਹੋਵੇਗਾ)।

أَلَمْ يَعْلَم بِأَنَّ اللَّهَ يَرَىٰ ﴿14﴾

14. ਕੀ ਉਹ ਨਹੀਂ ਜਾਣਦਾ ਕਿ ਅੱਲਾਹ ਉਸ ਨੂੰ ਵੇਖ ਰਿਹਾ ਹੈ?

كَلَّا لَئِن لَّمْ يَنتَهِ لَنَسْفَعًا بِالنَّاصِيَةِ ﴿15﴾

15. ਉੱਕਾ ਨਹੀਂ (ਰੱਬ ਤੋਂ ਡਰਦਾ), ਜੇ ਉਹ (ਆਪਣੀਆਂ ਕਰਤੂਤਾਂ ਤੋਂ) ਨਾ ਰੁਕਿਆ ਤਾਂ ਅਸੀਂ ਉਸ ਨੂੰ ਮੱਥੇ ਦੇ ਵਾਲਾਂ ਤੋਂ ਫੜ ਕੇ ਜ਼ਰੂਰ ਹੀ ਘਸੀਟਾਂਗੇ।

نَاصِيَةٍ كَاذِبَةٍ خَاطِئَةٍ ﴿16﴾

16. ਉਹ ਮੱਥਾ ਜਿਹੜਾ ਦੋਸ਼ੀ ਹੈ।

فَلْيَدْعُ نَادِيَهُ ﴿17﴾

17. ਸੋ ਉਸ ਨੂੰ ਚਾਹੀਦਾ ਹੈ ਕਿ (ਆਪਣੇ ਬਚਾ ਲਈ) ਆਪਣੇ ਸੰਗ ਬੈਠਣ ਉੱਠਣ ਵਾਲਿਆਂ ਨੂੰ ਬੁਲਾ ਲਵੇ।

سَنَدْعُ الزَّبَانِيَةَ ﴿18﴾

18. ਅਤੇ ਅਸੀਂ ਵੀ ਅਜ਼ਾਬ ਦੇਣ ਵਾਲੇ ਫ਼ਰਿਸ਼ਤਿਆਂ ਨੂੰ ਬੁਲਾ ਲਿਆਂਗੇ।

كَلَّا لَا تُطِعْهُ وَاسْجُدْ وَاقْتَرِب ﴿19﴾

19. ਉੱਕਾ ਨਹੀਂ, ਤੁਸੀਂ ਉਸ (ਝੁਠਲਾਉਣ ਵਾਲੇ) ਦੇ ਪਿੱਛੇ ਨਹੀਂ ਲੱਗਣਾ, ਸਗੋਂ ਸਿਜਦਾ ਕਰੋ ਅਤੇ ਰੱਬ ਦੀ ਨੇੜਤਾ ਪ੍ਰਾਪਤ ਕਰੋ।

97. ਸੂਰਤ ਅਲ-ਕ਼ਦਰ (ਮੱਕੀ-25)

سُورَةُ الْقَدْرِ

(ਆਇਤਾਂ 5, ਰੁਕੂਅ 1)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

إِنَّا أَنزَلْنَاهُ فِي لَيْلَةِ الْقَدْرِ ﴿1﴾

1. ਬੇਸ਼ੱਕ ਅਸੀਂ ਇਸ (ਕੁਰਆਨ) ਨੂੰ (ਰਮਜ਼ਾਨ ਮਹੀਨੇ ਦੀ) ਇਕ ਭਾਗਾਂ ਵਾਲੀ ਰਾਤ[1] ਵਿਚ ਉਤਾਰਿਆ।

[1] ਇਹ ਭਾਗਾਂ ਵਾਲੀ ਰਾਤ ਪਵਿੱਤਰ ਰਮਜ਼ਾਨ ਮਹੀਨੇ ਦੇ ਆਖ਼ਰੀ ਦਸ ਦਿਨਾਂ ਦੀ ਟਾਂਕ ਰਾਤਾਂ ਵਿੱਚੋਂ ਕੋਈ ਇਕ ਰਾਤ ਹੈ। ਜਿਵੇਂ ਨਬੀ ਕਰੀਮ ਮੁਹੰਮਦ (ਸ:) ਨੇ ਫ਼ਰਮਾਇਆ "ਲੈਲਾਤੁਲ-ਕਦਰ (ਭਾਗਾਂ ਵਾਲੀ ਰਾਤ) ਰਮਜ਼ਾਨ ਮਹੀਨੇ ਦੇ ਆਖ਼ਰੀ ਦਸ ਦਿਨਾਂ ਦੀਆਂ ਟਾਂਕ ਰਾਤਾਂ ਵਿਚ ਲੱਭੋ।" (ਸਹੀ ਬੁਖ਼ਾਰੀ, ਹਦੀਸ: 2017)

وَمَآ أَدْرَىٰكَ مَا لَيْلَةُ ٱلْقَدْرِ ②

2. ਅਤੇ ਤੁਸੀਂ ਭਲਾ ਕੀ ਜਾਣੋਂ ਕਿ ਉਹ ਭਾਗਾਂ ਵਾਲੀ ਰਾਤ ਕੀ ਹੈ?

لَيْلَةُ ٱلْقَدْرِ خَيْرٌ مِّنْ أَلْفِ شَهْرٍ ③

3. ਇਹ ਭਾਗਾਂ ਵਾਲੀ ਰਾਤ (ਹਰ ਪੱਖੋਂ) ਹਜ਼ਾਰ ਮਹੀਨਿਆਂ ਤੋਂ ਵਧੀਆ ਹੈ।

تَنَزَّلُ ٱلْمَلَٰٓئِكَةُ وَٱلرُّوحُ فِيهَا بِإِذْنِ رَبِّهِم مِّن كُلِّ أَمْرٍ ④

4. ਇਸ ਰਾਤ ਵਿਚ ਫ਼ਰਿਸ਼ਤੇ ਅਤੇ ਰੂਹ (ਜਿਬਰਾਈਲ) ਆਪਣੇ ਰੱਬ ਦੇ ਹੁਕਮ ਨਾਲ ਹਰ ਕੰਮ ਲਈ (ਅਕਾਸ਼ ਤੋਂ ਧਰਤੀ ਉੱਤੇ) ਉੱਤਰਦੇ ਹਨ।

سَلَٰمٌ هِىَ حَتَّىٰ مَطْلَعِ ٱلْفَجْرِ ⑤

5. (ਉਹ ਪੂਰੀ ਰਾਤ) ਪਹੁ ਫੁੱਟਣ ਤਕ ਸਲਾਮਤੀ ਹੀ ਸਲਾਮਤੀ ਹੈ।

98. ਸੂਰਤ ਅਲ-ਬੱਯਨਾ (ਮੱਕੀ-100)

سُورَةُ ٱلْبَيِّنَةِ

(ਆਇਤਾਂ 8, ਰੁਕੂਅ 1)

بِسْمِ ٱللَّهِ ٱلرَّحْمَٰنِ ٱلرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹੀਮ ਫ਼ਰਮਾਉਣ ਵਾਲਾ ਹੈ।

لَمْ يَكُنِ ٱلَّذِينَ كَفَرُوا۟ مِنْ أَهْلِ ٱلْكِتَٰبِ وَٱلْمُشْرِكِينَ مُنفَكِّينَ حَتَّىٰ تَأْتِيَهُمُ ٱلْبَيِّنَةُ ①

1. ਅਹਲੇ ਕਿਤਾਬ ਭਾਵ ਯਹੂਦੀ ਤੇ ਈਸਾਈਆਂ ਵਿਚੋਂ ਕੁੱਝ ਕਾਫ਼ਿਰ ਤੇ ਮੁਸ਼ਰਿਕ (ਉਦੋਂ ਤਕ ਕੁਫ਼ਰ ਤੋਂ) ਰੁਕਣ ਵਾਲੇ ਨਹੀਂ ਸਨ, ਜਦੋਂ ਤਕ ਕਿ ਉਹਨਾਂ ਕੋਲ (ਰੱਬ ਵੱਲੋਂ) ਕੋਈ ਸਪਸ਼ਟ ਦਲੀਲ ਨਾ ਆ ਜਾਵੇ।

رَسُولٌ مِّنَ ٱللَّهِ يَتْلُوا۟ صُحُفًا مُّطَهَّرَةً ②

2. (ਭਾਵ) ਅੱਲਾਹ ਵੱਲੋਂ ਇਕ ਪੈਗ਼ੰਬਰ ਆਵੇ, ਜਿਹੜਾ ਪਵਿੱਤਰ (ਕੁਰਆਨ ਦੇ) ਪੰਨੇ ਪੜ੍ਹੇ।

فِيهَا كُتُبٌ قَيِّمَةٌ ③

3. ਜਿਸ ਵਿਚ ਠੀਕ ਤੇ ਸੰਤੁਲਿਤ ਆਦੇਸ਼ ਹਨ।

وَمَا تَفَرَّقَ ٱلَّذِينَ أُوتُوا۟ ٱلْكِتَٰبَ إِلَّا مِنۢ بَعْدِ مَا جَآءَتْهُمُ ٱلْبَيِّنَةُ ④

4. ਅਤੇ ਜਿਨ੍ਹਾਂ ਲੋਕਾਂ ਨੂੰ ਕਿਤਾਬ ਦਿੱਤੀ ਗਈ ਸੀ ਉਹਨਾਂ ਵਿਚ ਮਤਭੇਦ ਉਹਨਾਂ ਕੋਲ ਖੁੱਲ੍ਹੀਆਂ ਦਲੀਲਾਂ ਆਉਣ ਤੋਂ ਮਗਰੋਂ ਹੋਏ।

وما أمروا إلا ليعبدوا الله مخلصين
له الدين حنفاء ويقيموا الصلوة
ويؤتوا الزكوة وذلك دين القيمة ⑤

5 ਜਦ ਕਿ ਉਹਨਾਂ ਨੂੰ ਇਹੋ ਹੁਕਮ ਦਿੱਤਾ ਗਿਆ ਸੀ ਕਿ ਉਹ ਆਪਣੀ ਬੰਦਗੀ ਨੂੰ ਅੱਲਾਹ ਲਈ ਹੀ ਖ਼ਾਲਿਸ ਕਰਕੇ ਇਕਾਗਰ ਹੋਕੇ ਉਸੇ ਦੀ ਇਬਾਦਤ ਕਰਨ, ਉਹ ਨਮਾਜ਼ ਕਾਇਮ ਕਰਨ ਅਤੇ ਜ਼ਕਾਤ ਅਦਾ ਕਰਨ, ਇਹੋ ਸੱਚਾ ਧਰਮ ਹੈ।

إن الذين كفروا من أهل الكتب والمشركين
في نار جهنم خلدين فيها أولئك هم
شر البرية ⑥

6 ਬੇਸ਼ੱਕ ਅਹਲੇ ਕਿਤਾਬ (ਤੌਰੈਤ ਅਤੇ ਇੰਜੀਲ ਦੇ ਮੰਨਣ ਵਾਲਿਆਂ) ਵਿੱਚੋਂ ਜਿਹੜੇ ਲੋਕਾਂ ਨੇ ਕੁਫ਼ਰ ਕੀਤਾ ਅਤੇ ਰੱਬ ਦਾ ਸਾਂਝੀ ਬਣਾਉਣ ਵਾਲੇ (ਮੁਸ਼ਰਿਕ) ਨਰਕ ਦੀ ਅੱਗ ਵਿਚ ਸੁੱਟੇ ਜਾਣਗੇ, ਜਿੱਥੇ ਉਹ ਸਦਾ ਲਈ ਰਹਿਣਗੇ। ਉਹੀਓ ਸਭ ਤੋਂ ਭੈੜੀ ਮਖ਼ਲੂਕ ਹੈ।[1]

إن الذين ءامنوا وعملوا الصلحت أولئك هم
خير البرية ⑦

7. ਪਰ ਜਿਹੜੇ ਈਮਾਨ ਲਿਆਏ ਅਤੇ ਉਹਨਾਂ ਨੇ ਨੇਕ ਕੰਮ ਵੀ ਕੀਤੇ, ਉਹੀਓ (ਸਾਰੀ) ਮਖ਼ਲੂਕ ਵਿੱਚੋਂ ਵਧੀਆ (ਲੋਕ) ਹਨ।

جزاؤهم عند ربهم جنت عدن تجري
من تحتها الأنهر خلدين فيها أبدا
رضي الله عنهم ورضوا عنه ذلك
لمن خشي ربه ⑧

8 ਉਹਨਾਂ ਦੀ ਜਜ਼ਾ (ਵਧੀਆ ਬਦਲਾ) ਉਹਨਾਂ ਦੇ ਰੱਬ ਕੋਲ ਸਦਾ ਰਹਿਣ ਵਾਲੇ ਬਾਗ਼ ਹਨ ਜਿਨ੍ਹਾਂ ਦੇ ਹੇਠ ਨਹਿਰਾਂ ਵਗਦੀਆਂ ਹਨ। ਉਹ (ਈਮਾਨ ਵਾਲੇ) ਸਦਾ ਲਈ ਉਸ ਵਿਚ ਰਹਿਣਗੇ, ਅੱਲਾਹ ਉਹਨਾਂ ਤੋਂ ਰਾਜ਼ੀ ਹੈ ਅਤੇ ਉਹ ਅੱਲਾਹ ਤੋਂ ਰਾਜ਼ੀ ਹਨ। ਇਹ (ਬਦਲਾ) ਉਹਨਾਂ ਨੂੰ ਹੀ ਮਿਲਦਾ ਹੈ, ਜਿਹੜੇ ਆਪਣੇ ਰੱਬ ਤੋਂ ਡਰਦੇ ਹੈ।

سورة الزلزال

99. ਸੂਰਤ ਅਜ਼-ਜ਼ਿਲਜ਼ਾਲ (ਮਦਨੀ-93)

(ਆਇਤਾਂ 8, ਰੁਕੂਅ 1)

بسم الله الرحمن الرحيم

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

ਵੇਖੋ ਸੂਰਤ ਆਲੇ-ਇਮਰਾਨ, ਹਾਸ਼ੀਆ ਆਇਤ 85/3

1. ਜਦੋਂ ਧਰਤੀ ਜ਼ੋਰ ਨਾਲ ਹਿਲਾ ਦਿੱਤੀ ਜਾਵੇਗੀ।

إِذَا زُلْزِلَتِ الْأَرْضُ زِلْزَالَهَا (1)

2. ਅਤੇ ਧਰਤੀ ਆਪਣਾ ਸਾਰਾ ਬੋਝ ਬਾਹਰ ਕੱਢ ਸੁੱਟੇਗੀ।

وَأَخْرَجَتِ الْأَرْضُ أَثْقَالَهَا (2)

3. ਅਤੇ (ਉਸ ਸਮੇਂ) ਮਨੁੱਖ ਆਖੇਗਾ ਕਿ ਇਸ ਨੂੰ ਕੀ ਹੋ ਗਿਆ?

وَقَالَ الْإِنسَانُ مَا لَهَا (3)

4. ਉਸ ਦਿਨ ਉਹ ਆਪਣੇ (ਆਪ 'ਤੇ ਬੀਤੇ ਹੋਏ) ਹਾਲਾਤ ਵਰਣਨ ਕਰੇਗੀ।

يَوْمَئِذٍ تُحَدِّثُ أَخْبَارَهَا (4)

5. ਕਿਉਂ ਜੋ ਤੁਹਾਡਾ ਰੱਬ ਉਸ ਨੂੰ (ਇਹੋ) ਹੁਕਮ ਦੇਵੇਗਾ।

بِأَنَّ رَبَّكَ أَوْحَىٰ لَهَا (5)

6. ਉਸ ਦਿਨ ਲੋਕੀ ਵੱਖਰੇ ਵੱਖਰੇ ਹੋ ਕੇ ਪਰਤਣਗੇ ਤਾਂ ਜੋ ਉਹਨਾਂ ਨੂੰ ਉਹਨਾਂ ਦੇ ਕਰਮ ਵਿਖਾਏ ਜਾਣ।[1]

يَوْمَئِذٍ يَصْدُرُ النَّاسُ أَشْتَاتًا لِّيُرَوْا أَعْمَالَهُمْ (6)

7. ਸੋ ਜਿਸ ਨੇ ਰਤਾ ਭਰ ਵੀ ਨੇਕੀ ਕੀਤੀ ਹੋਵੇਗੀ ਉਹ ਉਸ ਨੂੰ ਵੇਖ ਲਵੇਗਾ।

فَمَن يَعْمَلْ مِثْقَالَ ذَرَّةٍ خَيْرًا يَرَهُ (7)

8. ਅਤੇ ਜਿਸ ਨੇ ਰਤਾ ਭਰ ਵੀ ਬੁਰਾਈ ਕੀਤੀ ਹੋਵੇਗੀ ਉਹ ਉਸ ਨੂੰ ਵੇਖ ਲਵੇਗਾ।

وَمَن يَعْمَلْ مِثْقَالَ ذَرَّةٍ شَرًّا يَرَهُ (8)

100-ਸੂਰਤ ਅਲ-ਆਦੀਯਾਤ (ਮੱਕੀ-14)

سُورَةُ الْعَادِيَاتِ

(ਆਇਤਾਂ 11, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਤੇਜ਼ ਭੱਜ ਕੇ ਸਾਹ ਚੜ੍ਹਾਉਂਦੇ ਹੋਏ ਘੋੜਿਆਂ ਦੀ ਸਹੁੰ।

وَالْعَادِيَاتِ ضَبْحًا (1)

---

[1] ਵੇਖੋ ਸੂਰਤ ਹੂਦ, ਹਾਸ਼ੀਆ ਆਇਤ 18/11

فَالْمُورِيَاتِ قَدْحًا (2)

2 ਫੇਰ ਟਾਪਾਂ ਮਾਰ ਕੇ ਚੰਗਿਆੜੀਆਂ ਕੱਢਣ ਵਾਲਿਆਂ ਦੀ ਸਹੁੰ।

فَالْمُغِيرَاتِ صُبْحًا (3)

3. ਫੇਰ ਸਵੇਰੇ ਦੇ ਸਮੇਂ ਹਮਲਾ ਕਰਨ ਵਾਲਿਆਂ ਦੀ ਸਹੁੰ।

فَأَثَرْنَ بِهِ نَقْعًا (4)

4 ਫੇਰ ਉਸ ਸਮੇਂ ਜਦੋਂ ਉਹ ਧੂਲ ਉਡਾਉਂਦੇ ਹਨ।

فَوَسَطْنَ بِهِ جَمْعًا (5)

5. ਫੇਰ ਉਸ ਸਮੇਂ ਜਦੋਂ ਉਹ ਵੈਰੀ ਧਿਰ ਦੇ ਵਿਚਾਲੇ ਘੁੱਸ ਜਾਂਦੇ ਹਨ।

إِنَّ الْإِنسَانَ لِرَبِّهِ لَكَنُودٌ (6)

6. ਬੇਸ਼ੱਕ ਮਨੁੱਖ ਆਪਣੇ ਪਾਲਣਹਾਰ ਦਾ ਨਾ-ਸ਼ੁਕਰਾ ਹੈ।

وَإِنَّهُ عَلَىٰ ذَٰلِكَ لَشَهِيدٌ (7)

7 ਅਤੇ ਇਸ ਗੱਲ ਲਈ (ਉਹ ਆਪ ਵੀ) ਗਵਾਹੀ ਦਿੰਦਾ ਹੈ।

وَإِنَّهُ لِحُبِّ الْخَيْرِ لَشَدِيدٌ (8)

8 ਅਤੇ ਬੇਸ਼ੱਕ ਉਹ ਮਾਲ ਦੇ ਮੋਹ ਵਿਚ ਬੁਰੀ ਤਰ੍ਹਾਂ ਫਸਿਆ ਹੋਇਆ ਹੈ।

أَفَلَا يَعْلَمُ إِذَا بُعْثِرَ مَا فِي الْقُبُورِ (9)

9. ਕੀ ਉਹ ਨਹੀਂ ਜਾਣਦਾ ਜਦੋਂ ਉਹ ਸਭ ਬਾਹਰ ਕੱਢਿਆ ਜਾਵੇਗਾ ਜੋ ਕੁੱਝ ਕਬਰਾਂ ਵਿਚ ਹੈ।

وَحُصِّلَ مَا فِي الصُّدُورِ (10)

10 ਅਤੇ ਉਹ ਸਭ ਸਪਸ਼ਟ ਕਰ ਦਿੱਤਾ ਜਾਵੇਗਾ ਜੋ ਕੁੱਝ ਦਿਲਾਂ ਵਿਚ ਹੈ।

إِنَّ رَبَّهُم بِهِمْ يَوْمَئِذٍ لَّخَبِيرٌ (11)

11 ਬੇਸ਼ੱਕ ਉਹਨਾਂ (ਮਨੁੱਖਾਂ) ਦਾ ਰੱਬ ਉਸ (ਕਿਆਮਤ) ਦਿਹਾੜੇ ਉਹਨਾਂ ਦੇ (ਹਾਲਾਂ) ਤੋਂ ਭਲੀ-ਭਾਂਤ ਜਾਣੂ ਹੋਵੇਗਾ।

101. ਸੂਰਤ ਅਲ-ਕ਼ਾਰਿਆ (ਮੱਕੀ-30)

سُورَةُ الْقَارِعَةِ

(ਆਇਤਾਂ 11, ਰੁਕੂਅ 1)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

1. ਖੜਖੜਾ ਦੇਣ ਵਾਲੀ (ਆਫ਼ਤ ਜ਼ਰੂਰ ਆਵੇਗੀ)।	اَلْقَارِعَةُ ﴿1﴾
2. ਭਲਾਂ ਕੀ ਹੈ ਉਹ ਖੜਖੜਾ ਦੇਣ ਵਾਲੀ (ਘਟਨਾ)?	مَا الْقَارِعَةُ ﴿2﴾
3. ਅਤੇ ਤੁਸੀਂ ਕੀ ਜਾਣੋਂ ਕਿ ਉਹ ਖੜਖੜਾ ਦੇਣ ਵਾਲੀ (ਆਫ਼ਤ) ਕੀ ਹੈ?	وَمَا أَدْرَاكَ مَا الْقَارِعَةُ ﴿3﴾
4. (ਇਹ ਉਹ ਦਿਨ ਹੈ) ਜਦੋਂ ਲੋਕੀ (ਐਵੇਂ) ਹੋ ਜਾਣਗੇ, ਜਿਵੇਂ ਖਿਲਰੇ ਹੋਏ ਭੰਬਕੜ।	يَوْمَ يَكُونُ النَّاسُ كَالْفَرَاشِ الْمَبْثُوثِ ﴿4﴾
5. ਅਤੇ ਪਹਾੜ ਪਿੰਜੀ ਹੋਈ ਰੰਗ-ਬਰੰਗੀ ਰੂੰਨ ਵਾਂਗ ਹੋ ਜਾਣਗੇ।	وَتَكُونُ الْجِبَالُ كَالْعِهْنِ الْمَنْفُوشِ ﴿5﴾
6 ਅਤੇ ਫੇਰ (ਉਸ ਦਿਨ) ਜਿਸ ਵਿਅਕਤੀ ਦਾ ਪਾਲੜਾ (ਨੇਕ ਅਮਲਾਂ ਨਾਲ) ਭਾਰੀ ਹੋਵੇਗਾ।	فَأَمَّا مَنْ ثَقُلَتْ مَوَازِينُهُ ﴿6﴾
7. ਉਹ (ਸਵਰਗ ਵਿਚ) ਆਪਣੀ ਮਨ ਭਾਉਂਦੀ ਜ਼ਿੰਦਗੀ ਵਿਚ ਹੋਵੇਗਾ।	فَهُوَ فِي عِيشَةٍ رَاضِيَةٍ ﴿7﴾
8. ਅਤੇ ਜਿਸ ਵਿਅਕਤੀ ਦੇ ਪਲੜੇ ਹਲਕੇ ਹੋਣਗੇ।	وَأَمَّا مَنْ خَفَّتْ مَوَازِينُهُ ﴿8﴾
9. ਤਾਂ ਉਸ ਦਾ ਟਿਕਾਣਾ 'ਹਾਵਿਆ' ਹੋਵੇਗਾ।	فَأُمُّهُ هَاوِيَةٌ ﴿9﴾
10. ਅਤੇ ਤੁਹਾਨੂੰ ਕੀ ਖ਼ਬਰ ਕਿ ਇਹ (ਹਾਵਿਆ) ਕੀ ਹੈ?	وَمَا أَدْرَاكَ مَا هِيَهْ ﴿10﴾
11. ਉਹ ਇਕ ਦਹਕਦੀ ਹੋਈ (ਨਰਕ ਦੀ) ਅੱਗ ਹੈ।	نَارٌ حَامِيَةٌ ﴿11﴾

102. ਸੂਰਤ ਅਤ-ਤਕਾਸੁਰ (ਮੱਕੀ-16)

سُورَةُ التَّكَاثُرِ

(ਆਇਤਾਂ 8, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਬਹੁਤਾ (ਧੰਨ) ਹੋਣ ਦੀ ਇੱਛਾ ਨੇ ਤੁਹਾਨੂੰ (ਪਰਲੋਕ ਤੋਂ) ਬੇਖ਼ਬਰ ਕਰ ਛੱਡਿਆ ਹੈ।

أَلْهَاكُمُ التَّكَاثُرُ (1)

2. ਇੱਥੋਂ ਤਕ ਕਿ ਤੁਸੀਂ ਕਬਰਾਂ ਵਿਚ ਪਹੁੰਚ ਗਏ (ਭਾਵ ਮਰ ਗਏ)।

حَتَّىٰ زُرْتُمُ الْمَقَابِرَ (2)

3. ਉੱਕਾ ਹੀ ਨਹੀਂ, ਛੇਤੀ ਹੀ ਤੁਸੀਂ ਜਾਣ ਲਵੋਗੇ।

كَلَّا سَوْفَ تَعْلَمُونَ (3)

4. ਫੇਰ (ਸੁਣ ਲਵੋ) ਕਿ ਉੱਕਾ ਹੀ ਨਹੀਂ, ਛੇਤੀ ਹੀ ਤੁਸੀਂ ਜਾਣ ਲਵੋਗੇ।

ثُمَّ كَلَّا سَوْفَ تَعْلَمُونَ (4)

5. ਉੱਕਾ ਨਹੀਂ, ਜੇ ਤੁਸੀਂ ਪੂਰੇ ਵਿਸ਼ਵਾਸ ਨਾਲ ਕਿਆਮਤ ਦਿਹਾੜੇ ਨੂੰ ਜਾਣ ਲੈਂਦੇ (ਤਾਂ ਤੁਸੀਂ ਕਦੇ ਵੀ ਇਸ ਤੋਂ ਬੇਖ਼ਬਰ ਨਾ ਹੁੰਦੇ)।

كَلَّا لَوْ تَعْلَمُونَ عِلْمَ الْيَقِينِ (5)

6. ਹੁਣ ਤੁਸੀਂ ਜ਼ਰੂਰ ਹੀ ਨਰਕ ਨੂੰ ਵੇਖੋਗੇ।

لَتَرَوُنَّ الْجَحِيمَ (6)

7. ਫੇਰ ਤੁਸੀਂ ਇਸ ਨੂੰ ਵਿਸ਼ਵਾਸ ਕਰਨ ਵਾਲੀ ਅੱਖ ਨਾਲ ਵੇਖੋਗੇ।

ثُمَّ لَتَرَوُنَّهَا عَيْنَ الْيَقِينِ (7)

8. ਉਸ ਦਿਨ ਤੁਹਾਥੋਂ (ਰੱਬ ਵੱਲੋਂ ਦਿੱਤੀਆਂ ਗਈਆਂ) ਨਿਆਮਤਾਂ ਪ੍ਰਤੀ ਜ਼ਰੂਰ ਪੁੱਛਿਆ ਜਾਵੇਗਾ।[1]

ثُمَّ لَتُسْأَلُنَّ يَوْمَئِذٍ عَنِ النَّعِيمِ (8)

---

[1] ਸੰਸਾਰ ਵਿਚ ਮਨੁੱਖ ਨੂੰ ਜਿਹੜੀਆਂ ਵੀ ਨਿਆਮਤਾਂ ਮਿਲੀਆਂ ਹੋਇਆਂ ਹਨ ਪਰਲੋਕ ਵਿਚ ਇਹਨਾਂ ਦੇ ਬਾਰੇ ਪੁੱਛਿਆ ਜਾਵੇਗਾ। ਜਿਵੇਂ ਹਜ਼ਰਤ ਅਬੂ-ਹੁਰੈਰਾ ਦੱਸਦੇ ਹਨ ਕਿ ਇਕ ਹਦੀਸ ਅਨੁਸਾਰ ਇਕ ਵਾਰ ਰਾਤ ਜਾਂ ਦਿਨ ਦਾ ਸਮਾਂ ਸੀ ਅੱਲਾਹ ਦੇ ਰਸੂਲ (ਸ:) ਬਾਹਰ ਆਏ ਤਾਂ ਹਜ਼ਰਤ ਅਬੂਬਕਰ ਤੇ ਹਜ਼ਰਤ ਉਮਰ (ਰਜ਼ਿ:) ਨੇ ਵੇਖਿਆ ਤੇ ਉਹਨਾਂ ਤੋਂ ਪੁੱਛਿਆ, ਇਸ ਸਮੇਂ ਤੁਸੀਂ ਬਾਹਰ ਕਿਉਂ ਆਏ ਹੋ? ਉਹਨਾਂ ਨੇ ਜਵਾਬ ਦਿੱਤਾ ਕਿ ਭੁੱਖ ਕਾਰਨ ਹੇ ਅੱਲਾਹ ਦੇ ਰਸੂਲ।

103. ਸੂਰਤ ਅਲ-ਅਸਰ (ਮੱਕੀ-13)

سُورَةُ الْعَصْرِ

(ਆਇਤਾਂ 3, ਰੁਕੂਅ 1)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹੀਮ ਫ਼ਰਮਾਉਣ ਵਾਲਾ ਹੈ।

وَالْعَصْرِ ﴿١﴾

1. ਜ਼ਮਾਨੇ ਦੀ ਸਹੁੰ।

إِنَّ الْإِنسَانَ لَفِي خُسْرٍ ﴿٢﴾

2. ਬੇਸ਼ੱਕ ਮਨੁੱਖ ਘਾਟੇ ਵਿਚ ਹੈ।

إِلَّا الَّذِينَ آمَنُوا وَعَمِلُوا الصَّالِحَاتِ وَتَوَاصَوْا بِالْحَقِّ وَتَوَاصَوْا بِالصَّبْرِ ﴿٣﴾

3. ਛੁੱਟ ਉਹਨਾਂ ਲੋਕਾਂ ਤੋਂ, ਜਿਹੜੇ ਈਮਾਨ ਲਿਆਏ ਅਤੇ ਉਹਨਾਂ ਨੇ ਚੰਗੇ ਕਰਮ ਵੀ ਕੀਤੇ, ਅਤੇ ਇਕ ਦੂਜੇ ਨੂੰ ਹੱਕ ਸੱਚ (ਆਖਣ) ਦੀ ਨਸੀਹਤ ਕੀਤੀ ਅਤੇ ਇਕ ਦੂਜੇ ਨੂੰ (ਹਰ ਹਾਲ ਵਿਚ) ਸਬਰ ਕਰਨ (ਭਾਵ ਡਟੇ ਰਹਿਣ) ਦੀ ਨਸੀਹਤ ਕੀਤੀ।

104. ਸੂਰਤ ਅਲ-ਹੁਮਾਜ਼ਾ (ਮੱਕੀ-32)

سُورَةُ الْهُمَزَةِ

(ਆਇਤਾਂ 9, ਰੁਕੂਅ 1)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹੀਮ ਫ਼ਰਮਾਉਣ ਵਾਲਾ ਹੈ।

ਇਹ ਸੁਣ ਕੇ ਆਪ (ਸ.) ਨੇ ਫ਼ਰਮਾਇਆ, ਸਹੁੰ ਹੈ ਉਸ ਜ਼ਾਤ ਦੀ ਜਿਸ ਦੇ ਹੱਥ ਵਿਚ ਮੇਰੀ ਜਾਨ ਹੈ ਮੈਂ ਵੀ ਇਸੇ ਲਈ ਬਾਹਰ ਆਇਆ ਹਾਂ ਜਿਸ ਲਈ ਤੁਸੀਂ ਬਾਹਰ ਨਿਕਲੇ ਹੋ (ਆਪ (ਸ.) ਨੇ ਫ਼ਰਮਾਇਆ) ਚੱਲੋ। ਤਾਂ ਉਹ ਆਪ ਜੀ ਦੇ ਨਾਲ ਤੁਰ ਪਏ, ਫੇਰ ਆਪ (ਸ.) ਉਹਨਾਂ ਨੂੰ ਇਕ ਅਨਸਾਰੀ ਦੇ ਘਰ ਲੈ ਗਏ ਜਿਹੜਾ ਬਾਹਰੋਂ ਪਾਣੀ ਲੈਣ ਗਿਆ ਹੋਇਆ ਸੀ। ਕੁੱਝ ਦੇਰ ਬਾਅਦ ਉਹ ਮੁੜ ਆਇਆ ਤਾਂ ਆਪ ਤੇ ਆਪ (ਸ.) ਜੀ ਦੇ ਸਹਾਬੀਆਂ ਨੂੰ ਵੇਖ ਕੇ ਖ਼ੁਸ਼ੀ ਨਾਲ ਆਖਣ ਲੱਗਿਆ, ਅੱਲਾਹ ਦਾ ਸ਼ੁਕਰ ਹੈ ਕਿ ਅੱਜ ਦੇ ਦਿਨ ਕਿਸੇ ਕੋਲ ਅਜਿਹੇ ਪਰਾਹੁਣੇ ਮਹਿਮਾਨ ਨਹੀਂ ਜਿਹੋ ਜੇ ਮੇਰੇ ਕੋਲ ਹਨ। ਫੇਰ ਉਹ ਖਜੂਰਾਂ ਦਾ ਇਕ ਗੁੱਛਾ ਲਿਆਇਆ ਜਿਸ ਵਿਚ ਅੱਧ-ਪੱਕੀਆਂ ਸੁੱਕੀਆਂ ਤੇ ਤਾਜ਼ਾ ਖਜੂਰਾਂ ਸਨ ਅਤੇ ਉਹਨਾਂ ਨੂੰ ਖਾਣ ਲਈ ਕਿਹਾ ਫੇਰ ਉਸ ਨੇ ਛੁਰੀ ਫੜੀ ਤੇ ਆਪ ਨੇ ਦੁੱਧ ਦੇਣ ਵਾਲੀ ਬੱਕਰੀ ਨੂੰ ਜ਼ਿਬਹ ਕਰਨ ਤੋਂ ਮਨ੍ਹਾਂ ਕੀਤਾ। ਸੋ ਉਸ ਨੇ ਇਕ ਬੱਕਰਾ ਜ਼ਿਬਹ ਕੀਤਾ ਤਾਂ ਸਾਰਿਆਂ ਨੇ ਉਸ ਦਾ ਮਾਸ ਤੇ ਖਜੂਰਾਂ ਖਾਦੀਆਂ ਤੇ ਪਾਣੀ ਪੀਤਾ। ਜਦੋਂ ਸਾਰੇ ਰੱਜ ਗਏ ਫੇਰ ਅੱਲਾਹ ਦੇ ਰਸੂਲ ਨੇ ਫ਼ਰਮਾਇਆ, ਸਹੁੰ ਹੈ ਉਸ ਜ਼ਾਤ ਦੀ ਜਿਸ ਦੇ ਹੱਥ ਵਿਚ ਮੇਰੀ ਜਾਨ ਹੈ ਤੁਹਾਥੋਂ ਕਿਆਮਤ ਦਿਹਾੜੇ ਇਸ ਨਿਆਮਤ ਦੇ ਬਾਰੇ ਜ਼ਰੂਰ ਪੁੱਛਿਆ ਜਾਵੇਗਾ। ਤੁਸੀਂ ਆਪਣੇ ਘਰਾਂ ਤੋਂ ਭੁੱਖੇ ਨਿਕਲੇ ਸੀ ਫੇਰ ਘਰੇ ਨਹੀਂ ਮੁੜੇ ਇੱਥੋਂ ਤਕ ਕਿ ਤੁਹਾਨੂੰ ਇਹ ਨਿਆਮਤ ਮਿਲ ਗਈ। (ਸਹੀ ਬੁਖ਼ਾਰੀ, ਹਦੀਸ: 2038)

1. ਹਰ ਤਾਅਨੇ-ਮਿਹਣੇ ਦੇਣ ਵਾਲੇ ਤੇ ਬੁਰਾਈਆਂ ਦੀ ਟੋਹ ਵਿਚ ਰਹਿਣ ਵਾਲੇ (ਵਿਅਕਤੀ) ਲਈ ਤਬਾਹੀ ਹੈ।[1]

وَيْلٌ لِّكُلِّ هُمَزَةٍ لُّمَزَةٍ ١

2. (ਅਤੇ ਉਸ ਲਈ ਵੀ) ਜਿਸ ਨੇ ਧਨ-ਦੌਲਤ ਨੂੰ ਜੋੜਿਆ ਅਤੇ ਉਸ ਨੂੰ ਗਿਣ ਗਿਣ ਰੱਖਿਆ।

الَّذِي جَمَعَ مَالًا وَعَدَّدَهُ ٢

3. ਉਹ ਸਮਝਦਾ ਹੈ ਕਿ ਉਸ ਦਾ ਮਾਲ ਉਸ ਨੂੰ ਸਦਾ ਲਈ ਜੀਉਂਦਾ ਰੱਖੇਗਾ।

يَحْسَبُ أَنَّ مَالَهُ أَخْلَدَهُ ٣

4. ਬਿਲਕੁਲ ਵੀ ਨਹੀਂ, ਉਸ ਨੂੰ ਜ਼ਰੂਰ ਹੀ 'ਹੁਤਾਮਾ' ਵਿਚ ਸੁੱਟਿਆ ਜਾਵੇਗਾ।

كَلَّا لَيُنبَذَنَّ فِي الْحُطَمَةِ ٤

5. ਅਤੇ ਤੁਹਾਨੂੰ ਕੀ ਪਤਾ ਹੈ ਕਿ ਉਹ (ਹੁਤਾਮਾ) ਕੀ ਹੈ?

وَمَا أَدْرَاكَ مَا الْحُطَمَةُ ٥

6. ਉਹ ਅੱਲਾਹ ਵੱਲੋਂ ਭੜਕਾਈ ਹੋਈ ਅੱਗ ਹੈ।

نَارُ اللَّهِ الْمُوقَدَةُ ٦

7. ਜਿਹੜੀ ਦਿਲਾਂ ਤਕ ਪਹੁੰਚੇਗੀ।

الَّتِي تَطَّلِعُ عَلَى الْأَفْئِدَةِ ٧

8. ਬੇਸ਼ੱਕ ਉਹ (ਅੱਗ) ਉਹਨਾਂ 'ਤੇ (ਹਰ ਪਾਸਿਓਂ) ਬੰਦ ਕਰ ਦਿੱਤੀ ਜਾਵੇਗੀ।

إِنَّهَا عَلَيْهِم مُّؤْصَدَةٌ ٨

9. ਉਹ ਲੰਮੇ-ਲੰਮੇ ਥੰਮ੍ਹਾਂ ਵਿਚਾਲੇ (ਬੰਦ ਕਰ ਦਿੱਤੀ ਜਾਵੇਗੀ)।

فِي عَمَدٍ مُّمَدَّدَةٍ ٩

105. ਸੂਰਤ ਅਲ-ਫ਼ੀਲ (ਮੱਕੀ- 19)

سُورَةُ الْفِيلِ

(ਆਇਤਾਂ 5, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਕੀ ਤੁਸੀਂ (ਹੇ ਨਬੀ!) ਨਹੀਂ ਵੇਖਿਆ ਕਿ ਤੁਹਾਡੇ ਰੱਬ ਨੇ ਹਾਥੀ ਵਾਲਿਆਂ ਨਾਲ ਕੀ ਕੀਤਾ ਸੀ?

أَلَمْ تَرَ كَيْفَ فَعَلَ رَبُّكَ بِأَصْحَابِ الْفِيلِ ١

[1] ਵੇਖੋ ਸੂਰਤ ਹੁਜਰਾਤ, ਹਾਸ਼ੀਆ ਆਇਤ 12/49

أَلَمْ يَجْعَلْ كَيْدَهُمْ فِي تَضْلِيلٍ ﴿٢﴾

2. ਕੀ ਉਸ ਨੇ ਉਹਨਾਂ ਦੀ ਚਾਲ ਬੇਕਾਰ ਨਹੀਂ ਸੀ ਕਰ ਦਿੱਤੀ?

وَأَرْسَلَ عَلَيْهِمْ طَيْرًا أَبَابِيلَ ﴿٣﴾

3. ਉਸ ਨੇ ਉਹਨਾਂ (ਦੀ ਫ਼ੌਜ) ਉੱਤੇ ਡਾਰਾਂ ਦੀਆਂ ਡਾਰਾਂ ਪੰਛੀਆਂ ਦੀਆਂ ਭੇਜਿਆਂ।

تَرْمِيهِمْ بِحِجَارَةٍ مِنْ سِجِّيلٍ ﴿٤﴾

4. ਜਿਹੜੇ ਉਹਨਾਂ ਉੱਤੇ ਪੱਥਰਾਂ ਦੀਆਂ ਰੋੜੀਆਂ ਸੁੱਟ ਰਹੇ ਸਨ।

فَجَعَلَهُمْ كَعَصْفٍ مَأْكُولٍ ﴿٥﴾

5. ਫੇਰ ਇੰਜ ਅੱਲਾਹ ਨੇ ਉਹਨਾਂ ਨੂੰ ਜੁਗਾਲੀ ਕੀਤੀ ਹੋਈ ਤੂੜੀ ਵਾਂਗ ਕਰ ਦਿੱਤਾ।[1]

106. ਸੂਰਤ ਕੁਰੈਸ਼ (ਮੱਕੀ-29)

سُورَةُ قُرَيْشٍ

(ਆਇਤਾਂ 4, ਰੁਕੂਅ 1)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

لِإِيلَافِ قُرَيْشٍ ﴿١﴾

1. ਕਿਉਂ ਜੋ ਕੁਰੈਸ਼ ਵਾਲੇ ਗਿੱਝ ਗਏ।

إِيلَافِهِمْ رِحْلَةَ الشِّتَاءِ وَالصَّيْفِ ﴿٢﴾

2. ਅਰਥਾਤ ਸਿਆਲ ਤੇ ਹਾੜ੍ਹ ਦਾ ਸਫ਼ਰ ਕਰਨ ਵਿਚ ਗਿੱਝ ਗਏ।

---

[1] ਇਹ ਘਟਨਾ ਉਸ ਵਰ੍ਹੇ ਦੀ ਹੈ ਜਦੋਂ ਰਸੂਲ (ਸ.) ਜਨਮੇ ਸੀ। ਹਬਸ਼ਾ ਦੇ ਬਾਦਸ਼ਾਹ ਵੱਲੋਂ ਯਮਨ ਵਿਖੇ ਅਬਰਹਾ ਅਲ-ਅਸ਼ਰਮ ਗਵਰਨਰ ਸੀ। ਉਸ ਨੇ ਸਨਆ ਵਿਖੇ ਇਕ ਗਿਰਜਾ ਘਰ ਉਸਾਰਿਆ ਸੀ ਅਤੇ ਚਾਹੁੰਦਾ ਸੀ ਕਿ ਲੋਕੀ ਖ਼ਾਨਾ-ਕਾਅਬਾ ਦੀ ਥਾਂ ਇਬਾਦਤ ਤੇ ਹੱਜ ਉਮਰਾ ਲਈ ਇੱਥੇ ਆਇਆ ਕਰਨ। ਇਹ ਗੱਲ ਮੱਕਾ ਵਾਲਿਆਂ ਲਈ ਤੇ ਦੂਜੇ ਕਬੀਲਿਆਂ ਲਈ ਬਹੁਤ ਹੀ ਨਾ-ਪਸੰਦ ਸੀ। ਸੋ ਕੁਰੈਸ਼ ਦੇ ਇਕ ਵਿਅਕਤੀ ਨੇ ਅਬਰਹਾ ਦੇ ਬਣਾਏ ਹੋਏ ਪੂਜਾ ਸਥਾਨ ਨੂੰ ਗੰਦਗੀ ਨਾਲ ਖ਼ਰਾਬ ਕਰ ਦਿੱਤਾ। ਜਦੋਂ ਅਬਰਹਾ ਨੂੰ ਇਸ ਦਾ ਪਤਾ ਲੱਗਿਆ ਤਾਂ ਉਹ ਗੁੱਸੇ ਵਿਚ ਬੇ-ਕਾਬੂ ਹੋ ਗਿਆ ਅਤੇ ਲੜਣ ਵਾਲਾ ਲਸ਼ਕਰ ਦੇ ਨਾਲ ਮੱਕੇ 'ਤੇ ਹਮਲਾ ਕਰ ਦਿੱਤਾ ਅਤੇ ਖ਼ਾਨਾ-ਕਾਅਬਾ ਨੂੰ ਮਲਿਆਮੇਟ ਕਰਨ ਦਾ ਇਰਾਦਾ ਕਰ ਲਿਆ। ਤੇਰ੍ਹਾਂ ਹਾਥੀਆਂ ਨਾਲ ਜਦੋਂ ਇਹ ਲਸ਼ਕਰ ਅੱਗੇ ਵਧਿਆ ਤਾਂ ਜਿਸ ਕਬੀਲੇ ਨੇ ਵੀ ਉਸ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਉਸੇ ਨੂੰ ਤਬਾਹ ਹੋਣਾ ਪਿਆ ਇੱਥੋਂ ਤਕ ਕਿ ਮੱਕੇ ਦੇ ਨੇੜੇ ਪਹੁੰਚ ਗਿਆ, ਜਦੋਂ ਅਬਰਹਾ ਦਾ ਲਸ਼ਕਰ ਮੁਹਸਰ ਬਸਤੀ ਵਿਖੇ ਪਹੁੰਚਿਆ ਤਾਂ ਅੱਲਾਹ ਨੇ ਪੰਛੀਆਂ ਦੇ ਝੁੰਡ ਭੇਜ ਦਿੱਤੇ ਜਿਨ੍ਹਾਂ ਦੀਆਂ ਚੁੰਝਾਂ ਵਿਚ ਤੇ ਪੰਜਿਆਂ ਵਿਚ ਰੋੜੀਆਂ ਸਨ ਜਿਹੜੀਆਂ ਛੋਲਿਆਂ ਜਾਂ ਮਸਰ ਦੇ ਦਾਣੇ ਸਮਾਨ ਸੀ, ਜਿਸ ਵੀ ਫ਼ੌਜੀ ਨੂੰ ਇਹ ਰੋੜੀ ਲੱਗਦੀ ਉਹ ਪਿਘਲ ਜਾਂਦਾ ਤੇ ਉਸ ਦਾ ਮਾਸ ਝੜ ਜਾਂਦਾ ਅਤੇ ਮਰ ਜਾਂਦਾ। ਇੰਜ ਉਹ ਲਸ਼ਕਰ ਬੁਰੀ ਤਰ੍ਹਾਂ ਖ਼ਤਮ ਹੋ ਗਿਆ, ਅਬਰਹਾ ਨੇ ਭੱਜ ਕੇ ਜਾਨ ਬਚਾਉਣ ਦੀ ਕੋਸ਼ਿਸ਼ ਕੀਤੀ, ਪਰ ਸਨਆ ਠੀਕ ਪਹੁੰਚਦੇ ਪਹੁੰਚਦੇ ਉਸ ਦਾ ਅੰਤ ਹੋ ਗਿਆ। ਇੰਜ ਅੱਲਾਹ ਨੇ ਆਪਣੇ ਘਰ ਦੀ ਰਾਖੀ ਕੀਤੀ ਤੇ ਮੱਕੇ ਵਾਲਿਆਂ ਨੂੰ ਜਿੱਤ ਬਖ਼ਸ਼ੀ। ਇਸ ਘਟਨਾ ਤੋਂ ਬਾਅਦ ਸਾਰੇ ਅਰਬ ਦਾ ਇਲਾਕਾ ਖ਼ਾਨਾ-ਕਾਅਬਾ ਦਾ ਸਤਿਕਾਰ ਤੇ ਉੱਥੇ ਦੇ ਰਹਿਣ ਵਾਲਿਆਂ ਦਾ ਆਦਰ-ਮਾਨ ਕਰਦਾ ਹੈ। (ਤਫ਼ਸੀਰ ਇਬਨੇ ਕਸੀਰ)

فَلْيَعْبُدُوا رَبَّ هَٰذَا الْبَيْتِ ﴿3﴾

3. ਸੋ ਇਨ੍ਹਾਂ ਲੋਕਾਂ ਨੂੰ ਚਾਹੀਦਾ ਹੈ ਕਿ ਉਹ ਇਸ ਘਰ (ਖ਼ਾਨਾ-ਕਾਅਬਾ) ਦੇ ਮਾਲਿਕ ਦੀ ਇਬਾਦਤ ਕਰਨ।

الَّذِي أَطْعَمَهُم مِّن جُوعٍ وَآمَنَهُم مِّنْ خَوْفٍ ﴿4﴾

4. ਜਿਸ (ਮਾਲਿਕ) ਨੇ ਉਹਨਾਂ ਨੂੰ ਭੁੱਖ ਤੋਂ ਬਚਾ ਕੇ ਖਾਣ ਲਈ ਦਿੱਤਾ ਅਤੇ (ਬਦਅਮਨੀ ਦੇ) ਡਰ ਤੋਂ ਬਚਾ ਕੇ ਅਮਨ ਸ਼ਾਂਤੀ ਦਿੱਤੀ।

سُورَةُ الْمَاعُونِ

107. ਸੂਰਤ ਅਲ-ਮਾਊਨ (ਮੱਕੀ 17)

(ਆਇਤਾਂ 7, ਰੁਕੂਅ 1)

بِسْمِ اللَّهِ الرَّحْمَٰنِ الرَّحِيمِ

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

أَرَأَيْتَ الَّذِي يُكَذِّبُ بِالدِّينِ ﴿1﴾

1. ਕੀ ਤੁਸੀਂ (ਹੇ ਨਬੀ!) ਉਸ ਵਿਅਕਤੀ ਨੂੰ ਵੇਖਿਆ ਹੈ ਜਿਹੜਾ ਬਦਲੇ ਦੇ ਦਿਨ (ਕਿਆਮਤ) ਨੂੰ ਝੁਠਲਾਉਂਦਾ ਹੈ।[1]

فَذَٰلِكَ الَّذِي يَدُعُّ الْيَتِيمَ ﴿2﴾

2. ਇਹ ਉਹ ਵਿਅਕਤੀ ਹੈ ਜਿਹੜਾ (ਯਤੀਮ) ਨੂੰ ਧੱਕੇ ਦਿੰਦਾ ਹੈ।[2]

وَلَا يَحُضُّ عَلَىٰ طَعَامِ الْمِسْكِينِ ﴿3﴾

3. ਅਤੇ ਮੁਥਾਜਾਂ ਨੂੰ ਭੋਜਨ ਕਰਵਾਉਣ ਲਈ ਦੂਜਿਆਂ ਨੂੰ ਪ੍ਰੇਰਿਤ ਨਹੀਂ ਕਰਦਾ।

فَوَيْلٌ لِّلْمُصَلِّينَ ﴿4﴾

4. ਉਹਨਾਂ ਨਮਾਜ਼ੀਆਂ ਲਈ ਤਬਾਹੀ ਹੈ।

الَّذِينَ هُمْ عَن صَلَاتِهِمْ سَاهُونَ ﴿5﴾

5. ਜਿਹੜੇ ਆਪਣੀਆਂ ਨਮਾਜ਼ਾਂ ਪ੍ਰਤੀ ਅਣਗੌਲੀਆਂ ਕਰਦੇ ਹਨ।

الَّذِينَ هُمْ يُرَاءُونَ ﴿6﴾

6. ਉਹ (ਵੀ) ਜਿਹੜੇ ਵਿਖਾਵਾ ਕਰਦੇ ਹਨ।

---

[1] ਯਤੀਮ ਦੇ ਪਾਲਣ-ਪੋਸ਼ਣ ਕਰਨ ਦੀ ਬਹੁਤ ਮਹੱਤਤਾ ਹੈ ਜਿਵੇਂ ਰਸੂਲ (ਸ:) ਨੇ ਫ਼ਰਮਾਇਆ, ਮੈਂ ਤੇ ਯਤੀਮ ਦੀ ਪਰਵਰਿਸ਼ ਕਰਨ ਵਾਲਾ ਦੋਵੇਂ ਜੰਨਤ ਵਿਚ ਇੰਜ ਨੇੜੇ ਹੋਵਾਂਗੇ ਆਪ ਜੀ (ਸ:) ਨੇ ਆਪਣੀ ਸ਼ਹਾਦਤ ਦੀ ਉਂਗਲ (ਅੰਗੂਠੇ ਦੇ ਨਾਲ ਲੱਗਦੀ ਉਂਗਲੀ ਅਤੇ ਵਿਚਕਾਰਲੀ ਉਂਗਲੀ ਦੋਵਾਂ ਨੂੰ ਮਿਲਾ ਕੇ ਇਸ਼ਾਰਾ ਕੀਤਾ। (ਸਹੀ ਬੁਖ਼ਾਰੀ, ਹਦੀਸ: 6005)

- ਇਸ ਤੋਂ ਪਤਾ ਲੱਗਦਾ ਹੈ ਕਿ ਯਤੀਮ ਦਾ ਪਾਲਣ ਪੋਸ਼ਣ ਓਹੀਓ ਕਰੇਗਾ ਜਿਹੜਾ ਆਖ਼ਿਰਤ ਦੀ ਜਜ਼ਾ-ਸਜ਼ਾ ਨੂੰ ਮੰਨਦਾ ਹੋਵੇਗਾ ਨਹੀਂ ਤਾਂ ਯਤੀਮਾਂ ਨੂੰ ਧੱਕੇ ਹੀ ਦੇਵੇਗਾ ਜਿਵੇਂ ਆਇਤ ਦੱਸਦੀ ਹੈ।

[2] ਮਸਕੀਨ ਤੇ ਗ਼ਰੀਬ ਨੂੰ ਭੋਜਨ ਕਰਾਉਣ ਦੀ ਬਹੁਤ ਵੱਡੀ ਮਹੱਤਤਾ ਹੈ ਇਸ ਲਈ ਵੀ ਪ੍ਰੇਰਿਤ ਕੀਤਾ ਗਿਆ ਹੈ। ਨੈ ਰਸੂਲ (ਸ:) ਨੇ ਫ਼ਰਮਾਇਆ ਕਿ ਵਿਧਵਾ ਤੇ ਮੁਥਾਜ ਦੀ ਦੇਖ ਭਾਲ ਦੀ ਕੋਸ਼ਿਸ਼ ਕਰਨ ਵਾਲਾ ਅੱਲਾਹ ਦੀ ਰਾਹ ਵਿਚ ਜਿਹਾਦ ਕਰਨ ਵਾਲੇ ਜਾਂ ਸਾਰੀ ਰਾਤ ਨਮਾਜ਼ ਲਈ ਖੜਾ ਹੋਣ ਤੇ ਰੋਜ਼ਾ ਰੱਖਣ ਦੇ ਬਰਾਬਰ ਹੈ। (ਸਹੀ ਬੁਖ਼ਾਰੀ, ਹਦੀਸ: 5353)

7. ਅਤੇ ਉਹਨਾਂ ਲਈ ਵੀ (ਤਬਾਹੀ ਹੈ) ਜਿਹੜੇ ਆਮ ਵਰਤਨ ਵਿਚ ਆਉਣ ਵਾਲਿਆਂ ਚੀਜ਼ਾਂ ਦੇਣ ਤੋਂ ਨਾ-ਨੁੱਕਰ ਕਰ ਦਿੰਦੇ ਹਨ।

وَيَمْنَعُونَ الْمَاعُونَ (7)

108. ਸੂਰਤ ਅਲ-ਕੌਸਰ (ਮੱਕੀ-15)

سُورَةُ الْكَوْثَرِ

(ਆਇਤਾਂ 3, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. (ਹੇ ਨਬੀ!) ਬੇਸ਼ੱਕ ਅਸੀਂ ਤੁਹਾਨੂੰ ਕੌਸਰ[1] ਬਖ਼ਸ਼ ਛੱਡੀ ਹੈ।

إِنَّا أَعْطَيْنَاكَ الْكَوْثَرَ (1)

2. ਸੋ ਤੁਸੀਂ ਆਪਣੇ ਰੱਬ (ਦੀ ਰਜ਼ਾ) ਲਈ ਹੀ ਨਮਾਜ਼ ਪੜ੍ਹੋ ਅਤੇ (ਉਸੇ ਦੇ ਨਾਂ ਦੀ) ਕੁਰਬਾਨੀ ਕਰੋ।

فَصَلِّ لِرَبِّكَ وَانْحَرْ (2)

3. ਬੇਸ਼ੱਕ ਤੁਹਾਡਾ ਵੈਰੀ ਹੀ ਜੜ੍ਹ-ਕਟਾ ਹੈ।[2]

إِنَّ شَانِئَكَ هُوَ الْأَبْتَرُ (3)

109. ਸੂਰਤ ਅਲ-ਕਾਫ਼ਿਰੂਨ (ਮੱਕੀ-18)

سُورَةُ الْكَافِرُونَ

(ਆਇਤਾਂ 5, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

---

[1] ਅੱਲਾਹ ਦੇ ਰਸੂਲ ਨੇ ਮਿਅਰਾਜ ਦੇ ਕਿੱਸੇ ਵਿਚ ਫ਼ਰਮਾਇਆ ਕਿ ਮੈਂ ਇਕ ਨਹਿਰ 'ਤੇ ਪਹੁੰਚਿਆ ਉਹਦੇ ਕੰਢਿਆਂ 'ਤੇ ਮੋਤੀਆਂ ਦੇ ਖੋਲ ਸੀ ਮੈਂਨੇ ਜਿਬਰਾਈਲ ਤੋਂ ਪੁੱਛਿਆ? ਇਹ ਕਿਹੋ ਜਹੀ ਨਹਿਰ ਹੈ? ਉਹਨਾਂ ਨੇ ਜਵਾਬ ਦਿੱਤਾ "ਇਹ ਕੌਸਰ ਹੈ"। (ਸਹੀ ਬੁਖ਼ਾਰੀ, ਹਦੀਸ: 4964)

[2] ਇਹ ਮੱਕੇ ਦੇ ਮੁਸ਼ਰਿਕਾਂ ਨੂੰ ਜਵਾਬ ਸੀ, ਜਿਹੜਾ ਕਿਹਾ ਕਰਦੇ ਸੀ ਕਿ ਕਿਉਂ ਜੋ ਅੱਲਾਹ ਦੇ ਰਸੂਲ (ਸ:) ਦੇ ਨਰੀਨ ਔਲਾਦ ਜਿਊਂਦਾ ਨਹੀਂ ਬਚੀ ਸੀ ਹੁਣ ਇਹਨਾਂ ਦੀ ਨਸਲ ਕਿਵੇਂ ਅੱਗੇ ਵਧੇਗੀ ਇਹ ਛੇਤੀ ਹੀ ਬੇ-ਨਿਸ਼ਾਨ ਹੋ ਜਾਣਗੇ, ਪਰ ਅੱਲਾਹ ਨੇ ਫ਼ਰਮਾਇਆ, ਬੇਸ਼ੱਕ ਤੇਰੇ ਦੁਸ਼ਮਨ ਹੀ ਬੇ-ਨਾਮੋ ਨਿਸ਼ਾਨ ਹੋਣਗੇ (ਭਾਵ ਉਹਨਾਂ ਦੀਆਂ ਨਸਲਾਂ ਬਰਬਾਦ ਹੋ ਜਾਣਗੀਆਂ।

- ਸੋ ਅੱਜ ਇੰਜ ਹੀ ਹੋ ਰਿਹਾ ਹੈ। ਆਪ (ਸ:) ਦੇ ਵੈਰੀਆਂ ਦਾ ਕੋਈ ਵੀ ਨਾਂ ਨਹੀਂ ਲੈਂਦਾ ਜਦ ਕਿ ਨਬੀ ਕਰੀਮ (ਸ:) ਦਾ ਨਾਂ ਹੀ ਕਰੋੜਾਂ ਮੁਸਲਮਾਨ ਦੀ ਜ਼ੁਬਾਨ 'ਤੇ ਹਰ ਵੇਲੇ ਰਹਿੰਦਾ ਹੈ ਤੇ ਆਪ (ਸ:) ਦੀ ਮੁਹੱਬਤ ਹਰ ਮੁਸਲਮਾਨ ਦੇ ਦਿਲ ਵਿਚ ਹੈ ਅਤੇ ਆਪ (ਸ:) ਨਾਲ ਮੁਹੱਬਤ ਕਰਨਾ ਈਮਾਨ ਹੈ ਜਿਵੇਂ ਕਿ ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ ਕਿ ਤੁਹਾਡੇ ਵਿੱਚੋਂ ਕੋਈ ਵੀ ਉਦੋਂ ਤਕ ਮੁਸਲਮਾਨ ਨਹੀਂ ਹੋ ਸਕਦਾ ਜਦੋਂ ਤਕ ਕਿ ਮੈਨੂੰ ਆਪਣੇ ਮਾਪਿਆਂ, ਸੰਤਾਨ ਤੇ ਸਾਰੇ ਮਨੁੱਖਾਂ ਤੋਂ ਵੱਧ ਕੇ ਮੁਹੱਬਤ ਨਹੀਂ ਕਰਦਾ। (ਸਹੀ ਬੁਖ਼ਾਰੀ, ਹਦੀਸ: 15)

1. (ਹੇ ਨਬੀ!) ਆਖ ਦਿਓ ਕਿ ਹੇ (ਅੱਲਾਹ ਦੇ) ਇਨਕਾਰੀਓ!

قُلْ يٰٓاَيُّهَا الْكٰفِرُوْنَ (1)

2. ਮੈਂ ਉੱਕਾ ਹੀ ਇਹਨਾਂ (ਬੁਤਾਂ) ਦੀ ਬੰਦਗੀ ਨਹੀਂ ਕਰਦਾ, ਜਿਨ੍ਹਾਂ ਦੀ ਬੰਦਗੀ ਤੁਸੀਂ ਕਰਦੇ ਹੋ।

لَآ اَعْبُدُ مَا تَعْبُدُوْنَ (2)

3. ਅਤੇ ਨਾ ਹੀ ਤੁਸੀਂ ਉਸ (ਇੱਕੋ ਅੱਲਾਹ) ਦੀ ਬੰਦਗੀ ਕਰਨ ਵਾਲੇ ਹੋ, ਜਿਸ ਦੀ ਬੰਦਗੀ ਮੈਂ ਕਰਦਾ ਹਾਂ।

وَلَآ اَنْتُمْ عٰبِدُوْنَ مَآ اَعْبُدُ (3)

4. ਅਤੇ ਨਾ ਹੀ ਮੈਂ ਉਹਨਾਂ ਦੀ ਬੰਦਗੀ ਕਰਨ ਵਾਲਾ ਹਾਂ, ਜਿਨ੍ਹਾਂ ਦੀ ਬੰਦਗੀ ਤੁਸੀਂ ਕਰਦੇ ਹੋ।

وَلَآ اَنَا عَابِدٌ مَّا عَبَدْتُّمْ (4)

5. ਅਤੇ ਨਾ ਤੁਸੀਂ ਉਸ ਦੀ ਬੰਦਗੀ ਕਰਨ ਵਾਲੇ ਹੋ, ਜਿਸ ਦੀ ਬੰਦਗੀ ਮੈਂ ਕਰਦਾ ਹਾਂ।

وَلَآ اَنْتُمْ عٰبِدُوْنَ مَآ اَعْبُدُ (5)

6. (ਸੋ) ਤੁਹਾਡੇ ਲਈ ਤੁਹਾਡਾ ਦੀਨ (ਧਰਮ) ਅਤੇ ਮੇਰੇ ਲਈ ਮੇਰਾ ਦੀਨ।

لَكُمْ دِيْنُكُمْ وَلِيَ دِيْنِ (6)

110. ਸੂਰਤ ਅਨ-ਨਸਰ (ਮਦਨੀ-114)

سُوْرَةُ النَّصْرِ

(ਆਇਤਾਂ 3, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. (ਹੇ ਨਬੀ!) ਜਦੋਂ ਅੱਲਾਹ ਦੀ ਮਦਦ ਅਤੇ (ਕਾਫ਼ਿਰਾਂ ਉੱਤੇ) ਜਿੱਤ ਪ੍ਰਾਪਤ ਹੋ ਜਾਵੇਗੀ।

اِذَا جَآءَ نَصْرُ اللّٰهِ وَالْفَتْحُ (1)

2. ਫੇਰ ਤੁਸੀਂ ਵੇਖੋਗੇ ਕਿ ਲੋਕਾਂ ਦੇ ਜੱਥਿਆਂ ਦੇ ਜੱਥੇ ਅੱਲਾਹ ਦੇ ਦੀਨ (ਇਸਲਾਮ) ਵਿਚ ਪ੍ਰਵੇਸ਼ ਕਰ ਰਹੇ ਹੋਣਗੇ।

وَرَاَيْتَ النَّاسَ يَدْخُلُوْنَ فِيْ دِيْنِ اللّٰهِ اَفْوَاجًا (2)

3. ਸੋ ਤੁਸੀਂ ਆਪਣੇ ਰੱਬ ਦੀ ਹਮਦ (ਤਾਰੀਫ਼ ਤੇ ਸ਼ੁਕਰਾਨਿਆਂ) ਦੇ ਨਾਲ-ਨਾਲ ਉਸ ਦੀ ਤਸਬੀਹ (ਪਵਿੱਤਰਤਾ) ਵਰਣਨ ਕਰੋ ਅਤੇ ਉਸ ਤੋਂ ਬਖ਼ਸ਼ਿਸ਼ ਦੀ ਦੁਆ ਮੰਗੋ। ਬੇਸ਼ੱਕ ਉਹ ਵੱਡਾ ਤੌਬਾ ਕਬੂਲਣ ਵਾਲਾ ਹੈ।

فَسَبِّحْ بِحَمْدِ رَبِّكَ وَاسْتَغْفِرْهُ ۭ اِنَّهٗ كَانَ تَوَّابًا (3)

111. ਸੂਰਤ ਅਲ-ਲਹਬ (ਮੱਕੀ-6)

سُورَةُ اللَّهَبِ

(ਆਇਤਾਂ 5, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. ਟੁਟ ਜਾਣ ਅਬੂ-ਲਹਬ ਦੇ ਹੱਥ, ਉਹ ਤਾਂ ਬਰਬਾਦ ਹੋ ਗਿਆ।[1]

تَبَّتْ يَدَا أَبِي لَهَبٍ وَتَبَّ ﴿١﴾

2. ਨਾ ਹੀ ਉਸ ਦੇ ਧਨ ਨੇ ਅਤੇ ਨਾ ਹੀ ਉਸ ਦੇ (ਅਮਲਾਂ ਦੀ) ਕਮਾਈ ਨੇ ਉਸ ਨੂੰ ਕੋਈ ਲਾਭ ਦਿੱਤਾ।

مَا أَغْنَىٰ عَنْهُ مَالُهُ وَمَا كَسَبَ ﴿٢﴾

3. ਜ਼ਰੂਰ ਹੀ ਉਹ ਲਾਟਾਂ ਮਾਰਦੀ ਹੋਈ ਅੱਗ ਵਿਚ ਦਾਖ਼ਲ ਹੋਵੇਗਾ।

سَيَصْلَىٰ نَارًا ذَاتَ لَهَبٍ ﴿٣﴾

4. ਉਸ ਦੀ ਪਤਨੀ ਵੀ, ਜਿਹੜੀ ਲਾਈ ਬੁਝਾਈ ਕਰਨ ਵਾਲੀ ਹੈ (ਉਹ ਵੀ ਉਸ ਦੇ ਨਾਲ ਹੀ ਹੋਵੇਗੀ)।

وَامْرَأَتُهُ حَمَّالَةَ الْحَطَبِ ﴿٤﴾

5. ਉਸ ਦੀ ਗਰਦਨ ਵਿਚ ਮੁੰਜ ਦੀ ਰੱਸੀ ਹੋਵੇਗੀ।

فِي جِيدِهَا حَبْلٌ مِّن مَّسَدٍ ﴿٥﴾

112. ਸੂਰਤ ਅਲ-ਇਖ਼ਲਾਸ (ਮੱਕੀ-22)

سُورَةُ الْإِخْلَاصِ

(ਆਇਤਾਂ 4, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. (ਹੇ ਨਬੀ !) ਤੁਸੀਂ ਆਖੋ ਕਿ ਉਹ ਅੱਲਾਹ ਇਕ ਹੈ।

قُلْ هُوَ اللَّهُ أَحَدٌ ﴿١﴾

---

[1] ਇਸ ਸੂਰਤ ਦੇ ਸੰਬੰਧ ਵਿਚ ਆਉਂਦਾ ਹੈ ਕਿ ਜਦੋਂ ਇਹ ਸੂਰਤ ਉੱਤਰੀ ਕਿ ਆਪਣੇ ਸਕੇ-ਸੰਬੰਧੀਆਂ ਨੂੰ ਡਰਾਓ ਤਾਂ ਅਰਬ ਦੇ ਰਿਵਾਜ ਅਨੁਸਾਰ ਨਬੀ (ਸ:) ਸਫ਼ਾ ਨਾਂ ਦੀ ਪਹਾੜੀ 'ਤੇ ਚੜ੍ਹ ਗਏ ਅਤੇ ਲੋਕਾਂ ਨੂੰ ਹੋਕਾ ਦਿੱਤਾ, ਜਦੋਂ ਲੋਕੀ ਜਮਾਂ ਹੋ ਗਏ ਤਾਂ ਆਪ (ਸ:) ਨੇ ਫ਼ਰਮਾਇਆ, ਜੇ ਮੈਂ ਤੁਹਾਨੂੰ ਆਖਾਂ ਕਿ ਪਹਾੜ ਦੇ ਦੂਜੇ ਪਾਸੇ ਇੱਕ ਲਸ਼ਕਰ ਤੁਹਾਡੇ 'ਤੇ ਹਮਲਾ ਕਰਨ ਵਾਲਾ ਹੈ ਤਾਂ ਕੀ ਤੁਸੀਂ ਵਿਸ਼ਵਾਸ ਕਰ ਲਓਗੇ? ਉਹਨਾਂ ਨੇ ਆਖਿਆ ਕਿ ਕਿਉਂ ਨਹੀਂ, ਸਾਨੇ ਤੁਹਾਨੂੰ ਕਦੇ ਝੂਠ ਬੋਲਦੇ ਨਹੀਂ ਵੇਖਿਆ। ਆਪ (ਸ:) ਨੇ ਫ਼ਰਮਾਇਆ, ਸੁਣੋ! ਮੈਂ ਤੁਹਾਨੂੰ ਡਰਾਉਂਦਾ ਹਾਂ ਉਸ ਖ਼ੌਫ਼ਨਾਕ ਅਜ਼ਾਬ ਤੋਂ ਜਿਹੜਾ ਈਮਾਨ ਨਾ ਲਿਆਉਣ ਦੀ ਹਾਲਤ ਵਿਚ ਤੁਹਾਡੇ 'ਤੇ ਆਉਣ ਵਾਲਾ ਹੈ। ਅਬੂ-ਲਹਬ, ਜਿਹੜਾ ਆਪ (ਸ:) ਦਾ ਚਾਚਾ ਸੀ, ਨੇ ਕਿਹਾ ਕਿ ਤੂੰ ਬਰਬਾਦ ਹੋਵੇਂ, ਕੀ ਤੂੰ ਸਾਨੂੰ ਇਸੇ ਲਈ ਬੁਲਾਇਆ ਸੀ? ਫੇਰ ਉਹ ਉਠ ਕੇ ਚਲਾ ਗਿਆ ਇਸ 'ਤੇ ਇਹ ਸੂਰਤ ਨਾਜ਼ਿਲ ਹੋਈ। (ਸਹੀ ਬੁਖ਼ਾਰੀ, ਹਦੀਸ: 4971)

2. ਅੱਲਾਹ ਬੇਨਿਆਜ਼ ਹੈ।

اللَّهُ الصَّمَدُ ﴿٢﴾

3. ਉਸ ਨੇ ਕਿਸੇ ਨੂੰ ਵੀ ਨਹੀਂ ਜਨਮਿਆਂ ਅਤੇ ਨਾ ਹੀ ਉਸ ਨੂੰ ਕਿਸੇ ਨੇ ਜਨਮਿਆਂ ਹੈ[1]

لَمْ يَلِدْ وَلَمْ يُولَدْ ﴿٣﴾

4. ਅਤੇ ਨਾ ਹੀ ਉਸ ਜਿਹਾ ਹੋਰ ਕੋਈ ਹੈ।[2]

وَلَمْ يَكُن لَّهُ كُفُوًا أَحَدٌ ﴿٤﴾

113. ਸੂਰਤ ਅਲ-ਫ਼ਲਕ (ਮੱਕੀ-20)

سُورَةُ الْفَلَقِ

(ਆਇਤਾਂ 5, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅੱਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللَّهِ الرَّحْمَٰنِ الرَّحِيمِ

1. (ਹੇ ਨਬੀ!) ਤੁਸੀਂ ਆਖੋ ਕਿ ਮੈਂ ਸਵੇਰੇ ਦੇ ਰੱਬ ਦੀ ਸ਼ਰਨ ਵਿਚ ਆਉਂਦਾ ਹਾਂ।

قُلْ أَعُوذُ بِرَبِّ الْفَلَقِ ﴿١﴾

2. ਹਰੇਕ ਉਸ ਚੀਜ਼ ਦੀ ਬੁਰਾਈ ਤੋਂ (ਬਚਣ ਲਈ) ਜਿਹੜੀ ਉਸ ਨੇ ਪੈਦਾ ਕੀਤੀ ਹੈ।

مِن شَرِّ مَا خَلَقَ ﴿٢﴾

3. ਅਤੇ ਹਨੇਰੀ ਰਾਤ ਦੀ ਬੁਰਾਈ ਤੋਂ ਜਦੋਂ ਉਹ ਛਾ ਜਾਂਦੀ ਹੈ।

وَمِن شَرِّ غَاسِقٍ إِذَا وَقَبَ ﴿٣﴾

---

1. "ਅੱਲਾਹ ਦੀ ਔਲਾਦ ਕਹਿਣਾ" ਹਦੀਸ ਵਿਚ ਇਸ ਨੂੰ ਅੱਲਾਹ ਨੂੰ ਗਾਲ੍ਹਾਂ ਕੱਢਣੀਆਂ ਕਿਹਾ ਗਿਆ ਹੈ। ਵੇਖੋ ਸੂਰਤ ਅਲ-ਬਕਰਹ, ਹਾਸ਼ੀਆ ਆਇਤ 116/2

2. ਇਹ ਬਹੁਤ ਹੀ ਵੱਡੀ ਮਹੱਤਤਾ ਵਾਲੀ ਸੂਰਤ ਹੈ। ਇਸ ਨੂੰ ਇਕ ਵਾਰ ਪੜ੍ਹਨਾ ਵੀ ਤਿਹਾਈ ਕੁਰਆਨ ਪੜ੍ਹਨ ਦੇ ਸਵਾਬ ਦੇ ਬਰਾਬਰ ਹੈ। ਸੈ ਹਜ਼ਰਤ ਅਬੂ-ਸਈਦ ਖ਼ੁਦਰੀ ਰਜ਼ਿ: ਦੱਸਦੇ ਹਨ ਕਿ ਇਕ ਵਿਅਕਤੀ ਨੇ ਦੂਜੇ ਵਿਅਕਤੀ ਨੂੰ 'ਕੁਲ ਹੋ ਵੱਲਾ ਹੋ ਅਹਦ' ਦੀ ਤਲਾਵਤ ਕਰਦੇ ਵੇਖਿਆ ਜੋ ਉਸ ਨੂੰ ਮੁੜ-ਮੁੜ ਪੜ੍ਹ ਰਿਹਾ ਸੀ, ਸਵੇਰ ਨੂੰ ਉਹ ਵਿਅਕਤੀ ਨਬੀ (ਸ:) ਦੀ ਸੇਵਾ ਵਿਖੇ ਹਾਜ਼ਰ ਹੋਇਆ ਅਤੇ ਆਪ (ਸ:) ਨੂੰ ਇਹ ਗੱਲ ਦੱਸੀ ਜਿਵੇਂ ਕਿ ਉਹ ਇਸ ਸੂਰਤ ਦੀ ਤਲਾਵਤ ਨੂੰ ਕਾਫ਼ੀ ਨਾ-ਸਮਝਦਾ ਹੋਵੇ। ਅੱਲਾਹ ਦੇ ਰਸੂਲ (ਸ:) ਨੇ ਫ਼ਰਮਾਇਆ, ਸਹੁੰ ਹੈ ਉਸ ਜ਼ਾਤ ਦੀ ਜਿਸ ਦੇ ਕਬਜ਼ੇ ਵਿਚ ਮੇਰੀ ਜਾਨ ਹੈ ਇਹ ਸੂਰਤ ਕੁਰਆਨ ਦੇ ਇਕ ਤਿਹਾਈ ਦੇ ਬਰਾਬਰ ਹੈ। ਹਜ਼ਰਤ ਆਇਸ਼ਾ ਬਿਆਨ ਕਰਦੀਆਂ ਹਨ ਕਿ ਅੱਲਾਹ ਦੇ ਰਸੂਲ (ਸ:) ਨੇ ਇਕ ਵਿਅਕਤੀ (ਕੁਲਸੂਮ ਬਿਨ ਜ਼ੈਦ ਰਜ਼ਿ:) ਨੂੰ ਇਕ ਫ਼ੌਜੀ ਲਸ਼ਕਰ ਦਾ ਸਰਦਾਰ ਬਣਾ ਕੇ ਭੇਜਿਆ ਉਹ ਨਮਾਜ਼ ਦੀ ਹਰ ਰਕਾਅਤ ਕੁਲ ਹੁ-ਵੱਲਾ 'ਤੇ ਖ਼ਤਮ ਕਰਦਾ, ਜਦੋਂ ਲਸ਼ਕਰ ਦੇ ਲੋਕ ਘਰਾਂ ਨੂੰ ਪਰਤੇ ਤਾਂ ਉਹਨਾਂ ਲੋਕਾਂ ਨੇ ਇਹ ਗੱਲ ਆਪ ਜੀ (ਸ:) ਨੂੰ ਦੱਸੀ, ਆਪ (ਸ:) ਨੇ ਫ਼ਰਮਾਇਆ, ਉਸ ਤੋਂ ਪੁੱਛੋ ਕਿ ਉਹ ਇਸ ਕਿਉਂ ਕਰਦਾ ਹੈ? ਲੋਕਾਂ ਨੇ ਪੁੱਛਿਆ ਤਾਂ ਉਸ ਨੇ ਕਿਹਾ ਕਿ ਇਸ ਸੂਰਤ ਵਿਚ ਅੱਲਾਹ ਦੀਆ ਸਿਫ਼ਤਾਂ ਦੱਸੀਆ ਗਈਆਂ ਹਨ, ਮੈਨੂੰ ਇਸ ਨੂੰ ਪੜ੍ਹਨਾ ਮਹਬੂਬ ਹੈ। ਆਪ (ਸ:) ਨੇ ਫ਼ਰਮਾਇਆ ਕਿ ਉਸ ਨੂੰ ਕਹਿ ਦਿਓ ਕਿ ਅੱਲਾਹ ਵੀ ਤੇਰੇ ਨਾਲ ਮੁਹੱਬਤ ਕਰਦਾ ਹੈ। (ਸਹੀ ਬੁਖ਼ਾਰੀ, ਹਦੀਸ: 7335-7334)

4. ਅਤੇ ਗੰਢਾਂ ਵਿਚ ਫੂਕਾਂ ਮਾਰਨ ਵਾਲਿਆਂ ਦੀ ਬੁਰਾਈ ਤੋਂ।

وَمِنْ شَرِّ النَّفّٰثٰتِ فِي الْعُقَدِ ④

5. ਅਤੇ ਈਰਖਾ ਰੱਖਣ ਵਾਲਿਆਂ ਦੀ ਬੁਰਾਈ ਤੋਂ ਬਚਣ ਲਈ ਜਦੋਂ ਉਹ ਈਰਖਾ ਕਰੇ।

وَمِنْ شَرِّ حَاسِدٍ اِذَا حَسَدَ ⑤

114. ਸੂਰਤ ਅਨ-ਨਾਸ (ਮੱਕੀ-21)

سُوْرَةُ النَّاسِ

(ਆਇਤਾਂ 6, ਰੁਕੂਅ 1)

ਸ਼ੁਰੂ (ਕਰਦਾ ਹਾਂ) ਅੱਲਾਹ ਦੇ ਨਾਂ ਨਾਲ ਜਿਹੜਾ ਅਤਿਅੰਤ ਮਿਹਰਬਾਨ ਅਤੇ ਰਹਿਮ ਫ਼ਰਮਾਉਣ ਵਾਲਾ ਹੈ।

بِسْمِ اللّٰهِ الرَّحْمٰنِ الرَّحِيْمِ

1. (ਹੇ ਨਬੀ!) ਆਖ ਦਿਓ ਕਿ ਮੈਂ ਮਨੁੱਖਾਂ ਦੇ ਰੱਬ ਦੀ ਸ਼ਰਨ ਵਿਚ ਆਉਂਦਾ ਹਾਂ।

قُلْ اَعُوْذُ بِرَبِّ النَّاسِ ①

2. ਸਾਰੇ ਮਨੁੱਖਾਂ ਦੇ ਪਾਤਸ਼ਾਹ ਦੀ (ਸ਼ਰਨ ਵਿਚ)।[1]

مَلِكِ النَّاسِ ②

3. ਅਤੇ ਸਾਰੇ ਮਨੁੱਖਾਂ ਦੇ ਇਸ਼ਟ (ਅੱਲਾਹ) ਦੀ (ਸ਼ਰਨ ਵਿਚ ਆਉਂਦਾ ਹਾਂ)।

اِلٰهِ النَّاسِ ③

4. ਉਸ ਭਰਮ ਭੁਲੇਖਾ ਪਾਉਣ ਵਾਲੇ ਸ਼ੈਤਾਨ ਦੀ ਬੁਰਾਈ ਤੋਂ (ਬਚਣ ਲਈ), ਜਿਹੜਾ (ਅੱਲਾਹ ਦਾ ਨਾਂ ਸੁਣਦੇ ਹੀ) ਭੱਜ ਜਾਂਦਾ ਹੈ[2]

مِنْ شَرِّ الْوَسْوَاسِ ۙ الْخَنَّاسِ ④

---

[1] ਅੱਲਾਹ ਦੇ ਰਸੂਲ (ਸ.) ਨੇ ਫ਼ਰਮਾਇਆ, ਅੱਲਾਹ ਕਿਆਮਤ ਵਾਲੇ ਦਿਨ ਧਰਤੀ ਨੂੰ ਆਪਣੀ ਮੁੱਠੀ ਵਿਚ ਲਵੇਗਾ ਅਤੇ ਅਕਾਸ਼ਾਂ ਨੂੰ ਆਪਣੇ ਸੱਜੇ ਹੱਥ ਵਿਚ ਲਪੇਟ ਲਵੇਗਾ। ਫਿਰ ਫ਼ਰਮਾਏਗਾ, ਮੈਂ ਬਾਦਸ਼ਾਹ ਹਾਂ, ਧਰਤੀ ਦੇ ਬਾਦਸ਼ਾਹ ਕਿੱਥੇ ਹਨ? (ਸਹੀ ਬੁਖ਼ਾਰੀ, ਹਦੀਸ: 7382

[2] ਇਸ ਤੋਂ ਭਾਵ ਸ਼ੈਤਾਨ ਹੈ ਤੇ ਇਸ ਦਾ ਭਾਵ ਮਨੁੱਖੀ ਇੱਛਾਵਾਂ ਵੀ ਹਨ ਕਿਉਂ ਜੋ ਉਹ ਵੀ ਮਨੁੱਖ ਨੂੰ ਆਮ ਕਰਕੇ ਬੁਰਾਈ ਵੱਲ ਹੀ ਲੈ ਕੇ ਜਾਂਦੀਆਂ ਹਨ ਜਿਵੇਂ ਕਿ ਹਦੀਸ ਵਿਚ ਹੈ, ਅੱਲਾਹ ਦੇ ਰਸੂਲ (ਸ.) ਨੇ ਫ਼ਰਮਾਇਆ ਕਿ ਨਰਕ ਮਨੁੱਖੀ ਇੱਛਾਵਾਂ ਵਿਚ ਘਿਰੀ ਹੋਈ ਹੈ ਅਤੇ ਜੰਨਤ ਉਹਨਾਂ ਕੰਮਾਂ ਵਿਚ ਘਿਰੀ ਹੋਈ ਹੈ ਜਿਹੜੀ ਦਿਲ ਨੂੰ ਬੁਰੀਆਂ ਲੱਗਦੀਆਂ ਹਨ। (ਸਹੀ ਬੁਖ਼ਾਰੀ, ਹਦੀਸ: 6487)

الَّذِي يُوَسْوِسُ فِي صُدُورِ النَّاسِ ﴿٥﴾

5. ਜਿਹੜਾ ਲੋਕਾਂ ਦੇ ਮਨਾਂ ਵਿਚ ਭਰਮ ਭੁਲੇਖੇ ਪਾਉਂਦਾ ਹੈ।

مِنَ الْجِنَّةِ وَالنَّاسِ ﴿٦﴾

6. ਉਹ ਭਾਵੇਂ ਜਿੰਨਾਂ ਵਿੱਚੋਂ ਹੋਵੇ ਜਾਂ ਮਨੁੱਖਾਂ ਵਿੱਚੋਂ।

- ਇਸ ਤੋਂ ਭਾਵ ਹੈ ਕਿ ਮਨੁੱਖੀ ਇੱਛਾਵਾਂ ਤੇ ਸ਼ੈਤਾਨੀ ਸਰਦਾਰ ਨਰਕ ਵੱਲ ਦੀ ਅਗਵਾਈ ਕਰਦੇ ਹਨ ਜਦ ਕਿ ਇੱਛਾਵਾਂ 'ਤੇ ਕਾਬੂ ਪਾਉਣਾ ਪਵਿੱਤਰਤਾ ਧਾਰਨ ਕਰਨਾ, ਨੇਕੀ ਦੇ ਚੰਗੇ ਕੰਮ ਤੇ ਅੱਲਾਹ ਅਤੇ ਉਸ ਦੇ ਰਸੂਲ ਦੀ ਤਾਬੇਦਾਰੀ ਜੰਨਤ ਵੱਲ ਲੈਕੇ ਜਾਂਦੀ ਹੈ। ਜਿਹੜੀਆਂ ਕਰਤੂਤਾਂ ਨਰਕ ਦਾ ਕਾਰਨ ਬਣਦੀਆਂ ਹਨ ਉਹਨਾਂ ਦਾ ਕਰਨਾ ਬਹੁਤ ਸੌਖਾ ਦਿਸਦਾ ਹੈ ਜਦ ਕਿ ਜੰਨਤ ਦੀ ਪ੍ਰਾਪਤੀ ਵਾਲੇ ਕੰਮ ਔਖੇ ਵਿਖਾਈ ਦਿੰਦੇ ਹਨ।